ਮਾਰੂ ਮਹਲਾ ੫ ॥ ਅੰਤਰਜਾਮੀ ਸਭ ਬਿਧਿ ਜਾਨੈ ਤਿਸ ਤੇ ਕਹਾ ਦੁਲਾਰਿਓ ॥ ਹਸਤ ਪਾਵ ਝਰੇ ਖਿਨ ਭੀਤਰਿ ਅਗਨਿ ਸੰਗਿ ਲੈ ਜਾਰਿਓ ॥੧॥ ਮੂੜੇ ਤੈ ਮਨ ਤੇ ਰਾਮੁ ਬਿਸਾਰਿਓ ॥ ਲੂਣੁ ਖਾਇ ਕਰਹਿ ਹਰਾਮਖੋਰੀ ਪੇਖਤ ਨੈਨ ਬਿਦਾਰਿਓ ॥੧॥ ਰਹਾਉ ॥ ਅਸਾਧ ਰੋਗੁ ਉਪਜਿਓ ਤਨ ਭੀਤਰਿ ਟਰਤ ਨ ਕਾਹੂ ਟਾਰਿਓ ॥ ਪ੍ਰਭ ਬਿਸਰਤ ਮਹਾ ਦੁਖੁ ਪਾਇਓ ਇਹੁ ਨਾਨਕ ਤਤੁ ਬੀਚਾਰਿਓ ॥੨॥੮॥ {ਪੰਨਾ ੧੦੦੦-੧੦੦੧}

ਪਦ ਅਰਥ :—ਅੰਤਰਜਾਮੀ—ਦਿਲਾਂ ਦੇ ਅੰਦਰ ਦੀ ਜਾਣਨ ਵਾਲਾ । ਸਭ ਨਿਧਿ—ਹਰੇਕ ਕਿਸਮ ਦੀ ਗੱਲ । ਤਿਸ ਤੇ—{ਸੰਬੰਧਕ ‘ਤੇ’ ਦੇ ਕਾਰਨ ਲਫ਼ਜ਼ ‘ਤਿਸੁ’ ਦਾ ੁ ਉੱਡ ਗਿਆ ਹੈ} ਉਸ (ਪਰਮਾਤਮਾ) ਤੋਂ । ਕਹਾ ਦੁਲਾਰਿਓ—ਕਹਾ ਦੁਰਾਰਿਓ, ਕਿੱਥੇ ਕੁਝ ਲੁਕਾਇਆ ਜਾ ਸਕਦਾ ਹੈ? ਹਸਤ—ਹੱਥ {ਬਹੁ-ਵਚਨ} । ਪਾਵ—{ਲਫ਼ਜ਼ ‘ਪਾਉ’ ਤੋਂ ਬਹੁ-ਵਚਨ} ਪੈਰ । ਝਰੇ—ਝੜ ਜਾਂਦੇ ਹਨ, ਸੜ ਜਾਂਦੇ ਹਨ । ਅਗਨਿ ਸੰਗਿ—ਅੱਗ ਨਾਲ, ਅੱਗ ਵਿਚ । ਜਾਰਿਓ—ਸਾੜਿਆ ਜਾਂਦਾ ਹੈ ।੧।

ਮੂੜੇ—ਹੇ ਮੂਰਖ! ਤੈ—ਤੂੰ । ਮਨ ਤੇ—ਮਨ ਤੋਂ । ਬਿਸਾਰਿਓ—ਭੁਲਾ ਦਿੱਤਾ ਹੈ । ਖਾਇ—ਖਾ ਕੇ । ਕਰਹਿ—ਤੂੰ ਕਰਦਾ ਹੈਂ । ਹਰਾਮਖੋਰੀ—ਹਰਾਮ ਦਾ ਮਾਲ ਖਾਣ ਦੀ ਕਰਤੂਤ । ਨੈਨ ਬਿਦਾਰਿਓ—ਨੈਨ ਬਿਦਾਰਿ, ਅੱਖਾਂ ਪਾੜ ਪਾੜ ਕੇ, ਬਦੀਦਾਂ ਵਾਂਗ, ਸ਼ਰਮ-ਹਯਾ ਲਾਹ ਕੇ । ਪੇਖਤ—ਵੇਖਦਾ ।੧।ਰਹਾਉ।

ਅਸਾਧ ਰੋਗੁ—ਉਹ ਰੋਗ ਜਿਸ ਦਾ ਇਲਾਜ ਨਾਹ ਹੋ ਸਕੇ । ਤਨ ਭੀਤਰਿ—ਸਰੀਰ ਵਿਚ । ਟਰਤ ਨ—ਨਹੀਂ ਟਲਦਾ, ਦੂਰ ਨਹੀਂ ਹੁੰਦਾ । ਕਾਹੂ—ਹੋਰ ਕਿਸੇ ਤਰ੍ਹਾਂ ਭੀ । ਟਾਰਿਓ—ਟਾਲਿਆਂ, ਦੂਰ ਕੀਤਿਆਂ । ਨਾਨਕ—ਹੇ ਨਾਨਕ! ।੨।

ਅਰਥ :—ਹੇ ਮੂਰਖ! ਤੂੰ ਪਰਮਾਤਮਾ ਨੂੰ ਆਪਣੇ ਮਨ ਤੋਂ ਭੁਲਾ ਦਿੱਤਾ ਹੈ । ਪਰਮਾਤਮਾ ਦਾ ਸਭ ਕੁਝ ਦਿੱਤਾ ਖਾ ਕੇ ਬੜੀ ਬੇ-ਸ਼ਰਮੀ ਨਾਲ ਤੂੰ ਹਰਾਮਖੋਰੀ ਕਰ ਰਿਹਾ ਹੈਂ ।੧।ਰਹਾਉ।

(ਹੇ ਮੂਰਖ! ਜਿਸ ਸਰੀਰ ਦੀ ਖ਼ਾਤਰ ਤੂੰ ਹਰਾਮਖ਼ੋਰੀ ਕਰਦਾ ਹੈਂ, ਉਹ ਸਰੀਰ ਅੰਤ ਵੇਲੇ) ਅੱਗ ਵਿਚ ਪਾ ਕੇ ਸਾੜਿਆ ਜਾਂਦਾ ਹੈ, (ਉਸ ਦੇ) ਹੱਥ ਪੈਰ (ਆਦਿਕ ਅੰਗ) ਇਕ ਖਿਨ ਵਿਚ ਸੜ ਕੇ ਸੁਆਹ ਹੋ ਜਾਂਦੇ ਹਨ । ਹੇ ਮੂਰਖ! ਸਭ ਦੇ ਦਿਲਾਂ ਦੀ ਜਾਣਨ ਵਾਲਾ ਪਰਮਾਤਮਾ (ਮਨੁੱਖ ਦਾ) ਹਰੇਕ ਕਿਸਮ (ਦਾ ਅੰਦਰਲਾ ਭੇਤ) ਜਾਣਦਾ ਹੈ । ਉਸ ਪਾਸੋਂ ਕਿੱਥੇ ਕੁਝ ਲੁਕਾਇਆ ਜਾ ਸਕਦਾ ਹੈ? ।੧।

ਹੇ ਮੂਰਖ! (ਜਦੋਂ ਹਰਾਮਖ਼ੋਰੀ ਦਾ ਇਹ) ਅਸਾਧ ਰੋਗ ਸਰੀਰ ਵਿਚ ਪੈਦਾ ਹੁੰਦਾ ਹੈ, ਕਿਸੇ ਭੀ ਹੋਰ ਤਰੀਕੇ ਨਾਲ ਦੂਰ ਕੀਤਿਆਂ ਇਹ ਦੂਰ ਨਹੀਂ ਹੁੰਦਾ । ਹੇ ਨਾਨਕ! (ਆਖ—) ਸੰਤ ਜਨਾਂ ਨੇ ਇਹ ਭੇਤ ਸਮਝਿਆ ਹੈ ਕਿ ਪਰਮਾਤਮਾ ਨੂੰ ਭੁਲਾ ਕੇ ਮਨੁੱਖ ਬੜਾ ਦੁੱਖ ਸਹਾਰਦਾ ਹੈ ।੨।੮।

ਮਾਰੂ ਮਹਲਾ ੫ ॥ ਚਰਨ ਕਮਲ ਪ੍ਰਭ ਰਾਖੇ ਚੀਤਿ ॥ ਹਰਿ ਗੁਣ ਗਾਵਹ ਨੀਤਾ ਨੀਤ ॥ ਤਿਸੁ ਬਿਨੁ ਦੂਜਾ ਅਵਰੁ ਨ ਕੋਊ ॥ ਆਦਿ ਮਧਿ ਅੰਤਿ ਹੈ ਸੋਊ ॥੧॥ ਸੰਤਨ ਕੀ ਓਟ ਆਪੇ ਆਪਿ ॥੧॥ ਰਹਾਉ ॥ ਜਾ ਕੈ ਵਸਿ ਹੈ ਸਗਲ ਸੰਸਾਰੁ ॥ ਆਪੇ ਆਪਿ ਆਪਿ ਨਿਰੰਕਾਰੁ ॥ ਨਾਨਕ ਗਹਿਓ ਸਾਚਾ ਸੋਇ ॥ ਸੁਖੁ ਪਾਇਆ ਫਿਰਿ ਦੂਖੁ ਨ ਹੋਇ ॥੨॥੯॥ {ਪੰਨਾ ੧੦੦੧}

ਪਦ ਅਰਥ :—ਚਰਨ ਕਮਲ—ਸੋਹਣੇ ਚਰਨ । ਚੀਤਿ—ਚਿੱਤ ਵਿਚ । ਗਾਵਹ—ਗਾਵਹਿ, ਗਾਂਦੇ ਹਨ । ਨੀਤਾ ਨੀਤ—ਨਿੱਤ ਹੀ । ਕੋਊ—ਕੋਈ ਭੀ । ਆਦਿ—ਸ਼ੁਰੂ ਵਿਚ । ਮਧਿ—ਵਿਚਕਾਰਲੇ ਸਮੇ ਵਿਚ । ਅੰਤਿ—ਜਗਤ ਦੇ ਅੰਤ ਵਿਚ । ਸੋਊ—ਉਹ ਆਪ ਹੀ ।੧।

ਓਟ—ਆਸਰਾ । ਆਪੇ—ਆਪ ਹੀ ।੧।ਰਹਾਉ।

ਜਾ ਕੈ ਵਸਿ—ਜਿਸ ਦੇ ਵੱਸ ਵਿਚ । ਸਗਲ—ਸਾਰਾ । ਨਿਰੰਕਾਰੁ—ਨਿਰ-ਆਕਾਰ, ਜਿਸ ਦਾ ਕੋਈ ਖ਼ਾਸ ਸਰੂਪ ਨਹੀਂ ਦੱਸਿਆ ਜਾ ਸਕਦਾ । ਗਹਿਓ—ਫੜ ਲਿਆ, ਹਿਰਦੇ ਵਿਚ ਵਸਾ ਲਿਆ । ਸਾਚਾ—ਸਦਾ ਕਾਇਮ ਰਹਿਣ ਵਾਲਾ ।੨।

ਅਰਥ :—ਹੇ ਭਾਈ! ਪਰਮਾਤਮਾ ਹੀ (ਸੰਤ ਜਨਾਂ ਦਾ) ਆਸਰਾ ਹੈ ।੧।ਰਹਾਉ।

ਹੇ ਭਾਈ! ਸੰਤ ਜਨਾਂ ਨੇ ਪ੍ਰਭੂ ਦੇ ਸੋਹਣੇ ਚਰਨ (ਸਦਾ ਆਪਣੇ) ਚਿੱਤ ਵਿਚ ਵਸਾਏ ਹੁੰਦੇ ਹਨ, ਉਹ ਸਦਾ ਹੀ ਪਰਮਾਤਮਾ ਦੀ ਸਿਫ਼ਤਿ-ਸਾਲਾਹ ਦੇ ਗੀਤ ਗਾਂਦੇ ਹਨ ਪਰਮਾਤਮਾ ਤੋਂ ਬਿਨਾ ਉਹਨਾਂ ਨੂੰ ਹੋਰ ਕੋਈ ਸਹਾਰਾ ਨਹੀਂ ਦਿੱਸਦਾ (ਜੋ ਸਦਾ ਕਾਇਮ ਰਹਿ ਸਕੇ । ਸੰਤ ਜਨਾਂ ਨੂੰ ਨਿਸਚਾ ਹੈ ਕਿ) ਉਹ ਪਰਮਾਤਮਾ ਹੀ ਜਗਤ ਦੇ ਸ਼ੁਰੂ ਵਿਚ, ਵਿਚਕਾਰਲੇ ਸਮੇ ਵਿਚ, ਅਤੇ ਜਗਤ ਦੇ ਅੰਤ ਵਿਚ ਕਾਇਮ ਰਹਿਣ ਵਾਲਾ ਹੈ ।੧।

ਹੇ ਨਾਨਕ! (ਆਖ—) ਜਿਹੜਾ ਨਿਰੰਕਾਰ ਸਦਾ ਆਪ ਹੀ ਆਪ ਹੈ, ਜਿਸ ਦੇ ਵਿਚ ਸਾਰਾ ਜਗਤ ਹੈ, (ਸੰਤ ਜਨਾਂ ਨੇ) ਉਸ ਸਦਾ ਕਾਇਮ ਰਹਿਣ ਵਾਲੇ ਨੂੰ ਆਪਣੇ ਹਿਰਦੇ ਵਿਚ ਵਸਾਇਆ ਹੋਇਆ ਹੈ, ਉਹ ਸਦਾ ਆਤਮਕ ਆਨੰਦ ਮਾਣਦੇ ਹਨ, ਉਹਨਾਂ ਨੂੰ ਕੋਈ ਦੁੱਖ ਪੋਹ ਨਹੀਂ ਸਕਦਾ ।੨।੯।

ਮਾਰੂ ਮਹਲਾ ੫ ਘਰੁ ੩
ੴ ਸਤਿਗੁਰ ਪ੍ਰਸਾਦਿ ॥ ਪ੍ਰਾਨ ਸੁਖ ਦਾਤਾ ਜੀਅ ਸੁਖ ਦਾਤਾ ਤੁਮ ਕਾਹੇ ਬਿਸਾਰਿਓ ਅਗਿਆਨਥ ॥ ਹੋਛਾ ਮਦੁ ਚਾਖਿ ਹੋਏ ਤੁਮ ਬਾਵਰ ਦੁਲਭ ਜਨਮੁ ਅਕਾਰਥ ॥੧॥ ਰੇ ਨਰ ਐਸੀ ਕਰਹਿ ਇਆਨਥ ॥ ਤਜਿ ਸਾਰੰਗਧਰ ਭ੍ਰਮਿ ਤੂ ਭੂਲਾ ਮੋਹਿ ਲਪਟਿਓ ਦਾਸੀ ਸੰਗਿ ਸਾਨਥ ॥੧॥ ਰਹਾਉ ॥ ਧਰਣੀਧਰੁ ਤਿਆਗਿ ਨੀਚ ਕੁਲ ਸੇਵਹਿ ਹਉ ਹਉ ਕਰਤ ਬਿਹਾਵਥ ॥ ਫੋਕਟ ਕਰਮ ਕਰਹਿ ਅਗਿਆਨੀ ਮਨਮੁਖਿ ਅੰਧ ਕਹਾਵਥ ॥੨॥ ਸਤਿ ਹੋਤਾ ਅਸਤਿ ਕਰਿ ਮਾਨਿਆ ਜੋ ਬਿਨਸਤ ਸੋ ਨਿਹਚਲੁ ਜਾਨਥ ॥ ਪਰ ਕੀ ਕਉ ਅਪਨੀ ਕਰਿ ਪਕਰੀ ਐਸੇ ਭੂਲ ਭੁਲਾਨਥ ॥੩॥ ਖਤ੍ਰੀ ਬ੍ਰਾਹਮਣ ਸੂਦ ਵੈਸ ਸਭ ਏਕੈ ਨਾਮਿ ਤਰਾਨਥ ॥ ਗੁਰੁ ਨਾਨਕੁ ਉਪਦੇਸੁ ਕਹਤੁ ਹੈ ਜੋ ਸੁਨੈ ਸੋ ਪਾਰਿ ਪਰਾਨਥ ॥੪॥੧॥੧੦॥ {ਪੰਨਾ ੧੦੦੧}

ਪਦ ਅਰਥ :—ਪ੍ਰਾਨ ਦਾਤਾ—ਜਿੰਦ ਦੇਣ ਵਾਲਾ । ਜੀਅ ਸੁਖ ਦਾਤਾ—ਸਭ ਜੀਵਾਂ ਨੂੰ ਸੁਖ ਦੇਣ ਵਾਲਾ । ਕਾਹੇ—ਕਿਉਂ? ਅਗਿਆਨਥ—ਹੇ ਅਗਿਆਨੀ! ਹੋਛਾ—ਛੇਤੀ ਮੁੱਕ ਜਾਣ ਵਾਲਾ । ਮਦੁ—ਨਸ਼ਾ । ਬਾਵਰ—ਝੱਲਾ । ਅਕਾਰਥ—ਵਿਅਰਥ ।੧।

ਰੇ ਨਰ—ਹੇ ਮਨੁੱਖ! ਕਰਹਿ—ਤੂੰ ਕਰਦਾ ਹੈਂ । ਇਆਨਥ—ਬੇ-ਅਕਲੀ । ਤਜਿ—ਛੱਡ ਕੇ । ਸਾਰੰਗਧਰ—ਜਗਤ ਦਾ ਆਸਰਾ ਪ੍ਰਭੂ । ਭ੍ਰਮਿ—ਭਟਕਣਾ ਵਿਚ ਪੈ ਕੇ । ਭੂਲਾ—ਕੁਰਾਹੇ ਪੈ ਗਿਆ । ਮੋਹਿ—ਮੋਹ ਵਿਚ । ਦਾਸੀ—ਮਾਇਆ । ਸਾਨਥ—ਸਾਥ ।੧।ਰਹਾਉ।

ਧਰਣੀਧਰੁ—ਧਰਤੀ ਦਾ ਆਸਰਾ । ਸੇਵਹਿ—ਤੂੰ ਸੇਵਾ ਕਰਦਾ ਹੈਂ । ਹਉ ਹਉ—ਮੈਂ ਮੈਂ, ਅਹੰਕਾਰ । ਬਿਹਾਵਥ—ਉਮਰ ਗੁਜ਼ਰ ਰਹੀ ਹੈ । ਫੋਕਟ—ਫੋਕੇ । ਮਨਮੁਖ—ਹੇ ਮਨਮੁਖ! ਹੇ ਮਨ ਦੇ ਮੁਰੀਦ! ਅੰਧੁ—ਅੰਨ੍ਹਾ । ਕਹਾਵਥ—ਅਖਵਾ ਰਿਹਾ ਹੈਂ ।੨।

ਸਤਿ—ਸਦਾ ਕਾਇਮ ਰਹਿਣ ਵਾਲਾ । ਅਸਤਿ—ਜਿਸ ਦੀ ਕੋਈ ਹਸਤੀ ਨਹੀਂ ਹੈ । ਨਿਹਚਲੁ—ਅਟੱਲ । ਪਰ ਕੀ—ਪਰਾਈ (ਹੋ ਜਾਣ ਵਾਲੀ) । ਕਉ—ਨੂੰ । ਕਰਿ—ਜਾਣ ਕੇ, ਸਮਝ ਕੇ । ਪਕਰੀ—ਫੜੀ ਹੋਈ ਹੈ ।੩।

ਏਕੈ ਨਾਮਿ—ਸਿਰਫ਼ ਨਾਮ ਦੀ ਰਾਹੀਂ ਹੀ । ਤਰਾਨਥ—ਪਾਰ ਲੰਘਦੇ ਹਨ । ਪਾਰਿ ਪਰਾਨਥ—ਪਾਰ ਲੰਘਦਾ ਹੈ ।੪।

ਅਰਥ :—ਹੇ ਮਨੁੱਖ! ਤੂੰ ਬੜੀ ਮਾੜੀ ਬੇ-ਅਕਲੀ ਕਰ ਰਿਹਾ ਹੈਂ ਕਿ ਤੂੰ ਧਰਤੀ ਦੇ ਆਸਰੇ ਪ੍ਰਭੂ ਨੂੰ ਛੱਡ ਕੇ ਭਟਕਣਾ ਵਿਚ ਪੈ ਕੇ ਕੁਰਾਹੇ ਪਿਆ ਹੋਇਆ ਹੈਂ, ਮਾਇਆ ਦੇ ਮੋਹ ਨਾਲ ਚੰਬੜਿਆ ਹੋਇਆ ਹੈਂ ਅਤੇ ਮਾਇਆ-ਦਾਸੀ ਨਾਲ ਸਾਥ ਬਣਾ ਰਿਹਾ ਹੈਂ ।੧।ਰਹਾਉ।

ਹੇ ਅਗਿਆਨੀ! ਤੂੰ ਕਿਉਂ ਉਸ ਪਰਮਾਤਮਾ ਨੂੰ ਭੁਲਾ ਦਿੱਤਾ ਹੈ ਜੋ ਜਿੰਦ ਦੇਣ ਵਾਲਾ ਹੈ ਸਾਰੇ ਸੁਖ ਦੇਣ ਵਾਲਾ ਹੈ ਅਤੇ ਸਾਰੇ ਜੀਵਾਂ ਨੂੰ ਸੁਖ ਦੇਣ ਵਾਲਾ ਹੈ । ਛੇਤੀ ਮੁੱਕ ਜਾਣ ਵਾਲਾ (ਮਾਇਆ ਦੇ ਮੋਹ ਦਾ) ਨਸ਼ਾ ਚੱਖ ਕੇ ਤੂੰ ਝੱਲਾ ਹੋ ਰਿਹਾ ਹੈਂ, ਤੇਰਾ ਕੀਮਤੀ ਜਨਮ ਵਿਅਰਥ ਜਾ ਰਿਹਾ ਹੈ ।੧।

ਹੇ ਭਾਈ! ਧਰਤੀ ਦੇ ਆਸਰੇ ਪ੍ਰਭੂ ਨੂੰ ਤਿਆਗ ਕੇ ਤੂੰ ਨੀਵੀਂ ਕੁਲ ਵਾਲੀ ਮਾਇਆ-ਦਾਸੀ ਦੀ ਸੇਵਾ ਕਰ ਰਿਹਾ ਹੈਂ, (ਇਸ ਮਾਇਆ ਦੇ ਕਾਰਨ) 'ਮੈਂ ਮੈਂ' ਕਰਦਿਆਂ ਤੇਰੀ ਉਮਰ ਬੀਤ ਰਹੀ ਹੈ । ਹੇ ਮਨ ਦੇ ਮੁਰੀਦ ਮੂਰਖ! ਤੂੰ ਫੋਕੇ ਕੰਮ ਕਰ ਰਿਹਾ ਹੈਂ, (ਅੱਖਾਂ ਹੁੰਦਿਆਂ ਭੀ) ਤੂੰ (ਆਤਮਕ ਜੀਵਨ ਵੱਲੋਂ) ਅੰਨ੍ਹਾ ਅਖਵਾ ਰਿਹਾ ਹੈਂ ।੨।

ਹੇ ਭਾਈ! ਜਿਹੜਾ ਪਰਮਾਤਮਾ ਸਦਾ ਕਾਇਮ ਰਹਿਣ ਵਾਲਾ ਹੈ, ਤੂੰ ਉਸ ਦੀ ਹਸਤੀ ਹੀ ਨਹੀਂ ਮੰਨਦਾ, ਜਿਹੜਾ ਇਹ ਨਾਸਵੰਤ ਜਗਤ ਹੈ ਇਸ ਨੂੰ ਤੂੰ ਅਟੱਲ ਸਮਝਦਾ ਹੈਂ । ਜਿਸ ਮਾਇਆ ਨੇ ਜ਼ਰੂਰ ਪਰਾਈ ਹੋ ਜਾਣਾ ਹੈ ਇਸ ਨੂੰ ਤੂੰ ਆਪਣੀ ਜਾਣ ਕੇ ਜੱਫਾ ਮਾਰੀ ਬੈਠਾ ਹੈਂ । ਕੈਸੀ ਅਚਰਜ ਭੁੱਲ ਵਿਚ ਭੁੱਲਾ ਪਿਆ ਹੈਂ! ।੩।

ਹੇ ਭਾਈ! ਖੱਤਰੀ ਬ੍ਰਾਹਮਣ ਸ਼ੂਦਰ ਵੈਸ਼ (ਕਿਸੇ ਭੀ ਵਰਨ ਦੇ ਜੀਵ ਹੋਣ) ਸਾਰੇ ਇਕ ਹਰੀ-ਨਾਮ ਦੀ ਰਾਹੀਂ ਹੀ ਸੰਸਾਰ-ਸਾਗਰ ਤੋਂ ਤਰਦੇ ਹਨ । ਜਿਹੜਾ ਉਪਦੇਸ਼ ਗੁਰੂ ਨਾਨਕ ਕਰਦਾ ਹੈ ਜਿਸ ਨੂੰ ਜੋ ਮਨੁੱਖ ਸੁਣਦਾ ਹੈ ਉਹ ਸੰਸਾਰ-ਸਮੁੰਦਰ ਤੋਂ ਪਾਰ ਲੰਘ ਜਾਂਦਾ ਹੈ ।੪।੧।੧੦।

ਮਾਰੂ ਮਹਲਾ ੫ ॥ ਗੁਪਤੁ ਕਰਤਾ ਸੰਗਿ ਸੋ ਪ੍ਰਭੁ ਡਹਕਾਵਏ ਮਨੁਖਾਇ ॥ ਬਿਸਾਰਿ ਹਰਿ ਜੀਉ ਬਿਖੈ ਭੋਗਹਿ ਤਪਤ ਥੰਮ ਗਲਿ ਲਾਇ ॥੧॥ ਰੇ ਨਰ ਕਾਇ ਪਰ ਗ੍ਰਿਹਿ ਜਾਇ ॥ ਕੁਚਲ ਕਠੋਰ ਕਾਮਿ ਗਰਧਭ ਤੁਮ ਨਹੀ ਸੁਨਿਓ ਧਰਮਰਾਇ ॥੧॥ ਰਹਾਉ ॥ ਬਿਕਾਰ ਪਾਥਰ ਗਲਹਿ ਬਾਧੇ ਨਿੰਦ ਪੋਟ ਸਿਰਾਇ ॥ ਮਹਾ ਸਾਗਰੁ ਸਮੁਦੁ ਲੰਘਨਾ ਪਾਰਿ ਨ ਪਰਨਾ ਜਾਇ ॥੨॥ ਕਾਮਿ ਕ੍ਰੋਧਿ ਲੋਭਿ ਮੋਹਿ ਬਿਆਪਿਓ ਨੇਤ੍ਰ ਰਖੇ ਫਿਰਾਇ ॥ ਸੀਸੁ ਉਠਾਵਨ ਨ ਕਬਹੂ ਮਿਲਈ ਮਹਾ ਦੁਤਰ ਮਾਇ ॥੩॥ {ਪੰਨਾ ੧੦੦੧}

ਪਦ ਅਰਥ :—ਗੁਪਤੁ—ਲੁਕਵੇਂ, ਲੁਕ ਕੇ । ਕਰਤਾ—(ਪਾਪ) ਕਰਦਾ ਹੈ । ਸੰਗਿ—(ਜੀਵ ਦੇ ਸਦਾ) ਨਾਲ । ਡਹਕਾਵਏ—ਡਹਕਾਵੈ, ਠੱਗਦਾ ਹੈ । ਮਨੁਖਾਇ—ਹੋਰ ਮਨੁੱਖਾਂ ਨੂੰ । ਬਿਸਾਰਿ—ਭੁਲਾ ਕੇ । ਬਿਖੈ—ਵਿਸ਼ੇ-ਭੋਗ । ਭੋਗਹਿ—ਤੂੰ ਭੋਗਦਾ ਹੈਂ । ਗਲਿ—ਗਲ ਨਾਲ । ਲਾਇ—ਲਾ ਕੇ । ਤਪਤ...ਲਾਇ—ਤਪੇ ਹੋਏ ਥੰਮ੍ਹ ਗਲ ਨਾਲ ਲਾ ਕੇ, ਵਿਕਾਰਾਂ ਦੀ ਅੱਗ ਵਿਚ ਸੜ ਸੜ ਕੇ ।੧।

ਰੇ ਨਰ—ਹੇ ਮਨੁੱਖ! ਕਾਇ—ਕਿਉਂ? ਪਰ ਗ੍ਰਿਹਿ—ਪਰਾਏ ਘਰ ਵਿਚ । ਜਾਇ—ਜਾ ਕੇ । ਕੁਚਲ—ਹੇ ਗੰਦੇ! ਕਾਮਿ—ਹੇ ਕਾਮੀ! ਗਰਧਭ—ਹੇ ਖੋਤੇ! ।੧।ਰਹਾਉ।

ਗਲਹਿ—ਗਲ ਵਿਚ । ਬਾਧੇ—ਬੱਝੇ ਹੋਏ ਹਨ । ਨਿੰਦ ਪੋਟ—ਨਿੰਦਾ ਦੀ ਪੋਟਲੀ । ਸਿਰਾਇ—ਸਿਰ ਉੱਤੇ । ਸਾਗਰੁ—ਸਮੁੰਦਰ । ਨ ਪਰਨਾ ਜਾਇ—ਲੰਘਿਆ ਨਹੀਂ ਜਾ ਸਕਦਾ ।੨।

ਕਾਮਿ—ਕਾਮ-ਵਾਸਨਾ ਵਿਚ । ਕ੍ਰੋਧਿ—ਕ੍ਰੋਧ ਵਿਚ । ਬਿਆਪਿਓ—ਫਸਿਆ ਹੋਇਆ ਹੈ । ਨੇਤ੍ਰ—ਅੱਖਾਂ । ਰਖੇ ਫਿਰਾਇ—ਫੇਰੇ ਹੋਏ ਹਨ । ਸੀਸੁ—ਸਿਰ । ਕਬਹੂ—ਕਦੇ ਭੀ । ਮਿਲਈ—ਮਿਲੈ, ਮਿਲਦਾ । ਦੁਤਰ—ਦੁੱਤਰ, ਦੁਸਤਰ, ਜਿਸ ਤੋਂ ਪਾਰ ਲੰਘਣਾ ਔਖਾ ਹੈ । ਮਾਇ—ਮਾਇਆ ।੩।

ਅਰਥ :—ਹੇ ਮਨੁੱਖ! ਪਰਾਏ ਘਰ ਵਿਚ ਜਾ ਕੇ ਇਉਂ (ਮੰਦ ਕਰਮ ਕਰਦਾ ਹੈਂ)? ਹੇ ਗੰਦੇ! ਹੇ ਪੱਥਰ-ਦਿਲ! ਹੇ ਵਿਸ਼ਈ! ਹੇ ਖੋਤੇ ਮੂਰਖ! ਕੀ ਤੂੰ ਧਰਮਰਾਜ (ਦਾ ਨਾਮ ਕਦੇ) ਨਹੀਂ ਸੁਣਿਆ? ।੧।ਰਹਾਉ।

(ਹੇ ਭਾਈ! ਮਨੁੱਖ) ਲੁਕ ਕੇ (ਵਿਕਾਰ) ਕਰਦਾ ਹੈ, (ਪਰ ਵੇਖਣ ਵਾਲਾ) ਉਹ ਪ੍ਰਭੂ (ਹਰ ਵੇਲੇ ਇਸ ਦੇ) ਨਾਲ ਹੁੰਦਾ ਹੈ (ਵਿਕਾਰੀ ਮਨੁੱਖ ਪ੍ਰਭੂ ਨੂੰ ਠੱਗ ਨਹੀਂ ਸਕਦਾ, ਇਹ ਤਾਂ) ਮਨੁੱਖਾਂ ਨੂੰ ਹੀ ਠੱਗਦਾ ਹੈ । ਹੇ ਭਾਈ! ਪਰਮਾਤਮਾ ਨੂੰ ਵਿਸਾਰ ਕੇ ਵਿਕਾਰਾਂ ਦੀ ਅੱਗ ਵਿਚ ਸੜ ਸੜ ਕੇ ਤੂੰ ਵਿਸ਼ੇ ਭੋਗਦਾ ਰਹਿੰਦਾ ਹੈਂ ।੧।

ਹੇ ਭਾਈ! ਵਿਕਾਰਾਂ ਦੇ ਪੱਥਰ (ਤੇਰੇ) ਗਲ ਨਾਲ ਬੱਝੇ ਪਏ ਹਨ, ਨਿੰਦਾ ਦੀ ਪੋਟਲੀ (ਤੇਰੇ) ਸਿਰ ਉੱਤੇ ਹੈ । ਵੱਡਾ ਸੰਸਾਰ-ਸਮੁੰਦਰ (ਹੈ ਜਿਸ ਤੋਂ) ਲੰਘਣਾ ਹੈ (ਇਤਨੇ ਭਾਰ ਨਾਲ ਇਸ ਵਿਚੋਂ) ਪਾਰ ਨਹੀਂ ਲੰਘਿਆ ਜਾ ਸਕਦਾ ।੨।

ਹੇ ਭਾਈ! (ਤੂੰ) ਕਾਮ ਵਿਚ ਕ੍ਰੋਧ ਵਿਚ, ਲੋਭ ਵਿਚ, ਮੋਹ ਵਿਚ, ਫਸਿਆ ਪਿਆ ਹੈਂ; ਤੂੰ ਪਰਮਾਤਮਾ ਵੱਲੋਂ ਅੱਖਾਂ ਫੇਰ ਰੱਖੀਆਂ ਹਨ । (ਇਹਨਾਂ ਵਿਕਾਰਾਂ

ਵਲੋਂ ਤੈਨੂੰ) ਕਦੇ ਭੀ ਸਿਰ ਚੁੱਕਣਾ ਨਹੀਂ ਮਿਲਦਾ । (ਤੇਰੇ ਅੱਗੇ) ਮਾਇਆ ਦਾ ਵੱਡਾ ਸਮੁੰਦਰ ਹੈ ਜਿਸ ਵਿਚੋਂ ਪਾਰ ਲੰਘਣਾ ਬਹੁਤ ਔਖਾ ਹੈ ।੩।

ਸੂਰੁ ਮੁਕਤਾ ਸਸੀ ਮੁਕਤਾ ਬ੍ਰਹਮ ਗਿਆਨੀ ਅਲਿਪਾਇ ॥ ਸੁਭਾਵਤ ਜੈਸੇ ਬੈਸੰਤਰ ਅਲਿਪਤ ਸਦਾ ਨਿਰਮਲਾਇ ॥੪॥ ਜਿਸੁ ਕਰਮੁ ਖੁਲਿਆ ਤਿਸੁ ਲਹਿਆ ਪੜਦਾ ਜਿਨਿ ਗੁਰ ਪਹਿ ਮੰਨਿਆ ਸੁਭਾਇ ॥ ਗੁਰਿ ਮੰਤ੍ਰੁ ਅਵਖਧੁ ਨਾਮੁ ਦੀਨਾ ਜਨ ਨਾਨਕ ਸੰਕਟ ਜੋਨਿ ਨ ਪਾਇ ॥੫॥੨॥ ਰੇ ਨਰ ਇਨ ਬਿਧਿ ਪਾਰਿ ਪਰਾਇ ॥ ਧਿਆਇ ਹਰਿ ਜੀਉ ਹੋਇ ਮਿਰਤਕੁ ਤਿਆਗਿ ਦੂਜਾ ਭਾਉ ॥ ਰਹਾਉ ਦੂਜਾ ॥੨॥੧੧॥ {ਪੰਨਾ ੧੦੦੧-੧੦੦੨}

ਪਦ ਅਰਥ :—ਸੂਰ—ਸੂਰਜ । ਮੁਕਤਾ—ਮੈਲ ਆਦਿਕ ਤੋਂ ਰਹਿਤ । ਸਸੀ—ਚੰਦ੍ਰਮਾ । ਬ੍ਰਹਮ ਗਿਆਨੀ—ਉਹ ਮਨੁੱਖ ਜਿਸ ਨੇ ਪਰਮਾਤਮਾ ਨਾਲ ਡੂੰਘੀ ਸਾਂਝ ਪਾ ਲਈ ਹੈ । ਅਲਿਪਾਇ—ਅਲੇਪ, ਨਿਰਲੇਪ, ਪਵਿੱਤਰ ਜੀਵਨ ਵਾਲਾ । ਸੁਭਾਵਤ—ਸੋਭ ਰਿਹਾ ਹੈ, ਸੋਹਣੇ ਜੀਵਨ ਵਾਲਾ ਹੈ । ਬੈਸੰਤਰ—ਅੱਗ । ਨਿਰਮਲਾਇ—ਨਿਰਮਲ ।੪।

ਜਿਸੁ—ਜਿਸ ਮਨੁੱਖ ਦਾ । ਕਰਮ ਖੁਲਿਆ—ਭਾਗ ਜਾਗਿਆ । ਤਿਸੁ ਪੜਦਾ—ਉਸ ਦਾ ਪੜਦਾ । ਲਹਿਆ—ਲਹਿ ਗਿਆ । ਜਿਨਿ—ਜਿਸ (ਮਨੁੱਖ) ਨੇ । ਗੁਰ ਪਹਿ—ਗੁਰੂ ਦੇ ਪਾਸ (ਰਹਿ ਕੇ) । ਮੰਨਿਆ—(ਪਰਮਾਤਮਾ ਦਾ ਹੁਕਮ) ਮੰਨ ਲਿਆ । ਸੁਭਾਇ—ਪ੍ਰੇਮ ਵਿਚ (ਟਿਕ ਕੇ) {ਭਾਉ—ਪ੍ਰੇਮ} । ਗੁਰਿ—ਗੁਰੂ ਨੇ । ਅਵਖਧੁ—ਦਾਰੂ, ਦਵਾਈ । ਸੰਕਟ ਜੋਨਿ—ਜੂਨਾਂ ਦੇ ਕਲੇਸ਼ ।੫।੨।

ਇਨ ਬਿਧਿ—ਇਸ ਤਰੀਕੇ ਨਾਲ (ਭਾਵ, ਗੁਰੂ ਦੀ ਸਰਨ ਪੈ ਕੇ ਰਜ਼ਾ ਵਿਚ ਰਾਜ਼ੀ ਰਿਹਾਂ) । ਪਾਰਿ ਪਰਾਇ—ਸੰਸਾਰ-ਸਾਗਰ ਤੋਂ ਪਾਰ ਲੰਘ ਜਾਈਦਾ ਹੈ । ਮਿਰਤਕੁ—ਵਿਸ਼ੇ-ਵਿਕਾਰਾਂ ਵਲੋਂ ਮੁਰਦਾ, (ਸੰਸਾਰ ਵਲੋਂ) ਨਿਰਮਾਣ । ਦੂਜਾ ਭਾਉ—(ਪ੍ਰਭੂ ਤੋਂ ਬਿਨਾਂ) ਹੋਰ ਪਿਆਰ । ਰਹਾਉ ਦੂਜਾ ।

ਅਰਥ :—ਜਿਹੜਾ ਮਨੁੱਖ ਪ੍ਰਭੂ ਨਾਲ ਡੂੰਘੀ ਸਾਂਝ ਪਾਈ ਰੱਖਦਾ ਹੈ ਉਹ ਮਾਇਆ ਤੋਂ ਇਉਂ ਨਿਰਲੇਪ ਰਹਿੰਦਾ ਹੈ ਜਿਵੇਂ ਸੂਰਜ (ਚੰਗੇ ਮੰਦੇ ਹਰੇਕ ਥਾਂ ਆਪਣੀ ਰੌਸ਼ਨੀ ਦੇ ਕੇ) ਮੈਲ ਆਦਿਕ ਤੋਂ ਸਾਫ਼ ਹੈ, ਜਿਵੇਂ ਚੰਦ੍ਰਮਾ ਭੀ (ਇਸੇ ਤਰ੍ਹਾਂ) ਸਾਫ਼ ਹੈ । ਬ੍ਰਹਮ ਨਾਲ ਜਾਣ-ਪਛਾਣ ਰੱਖਣ ਵਾਲਾ ਇਉਂ ਸੋਹਣਾ ਲੱਗਦਾ ਹੈ ਜਿਵੇਂ (ਹਰੇਕ ਕਿਸਮ ਦੀ ਮੈਲ ਨੂੰ ਸਾੜ ਕੇ ਭੀ) ਅੱਗ (ਮੈਲ ਤੋਂ) ਨਿਰਲੇਪ ਹੈ ਅਤੇ ਸਦਾ ਨਿਰਮਲ ਹੈ ।੪।

ਹੇ ਭਾਈ! ਜਿਸ ਮਨੁੱਖ ਦਾ ਭਾਗ ਜਾਗ ਪੈਂਦਾ ਹੈ, ਜਿਸ ਨੇ ਗੁਰੂ ਦੀ ਸਰਨ ਵਿਚ ਰਹਿ ਕੇ ਪ੍ਰੇਮ ਨਾਲ ਰਜ਼ਾ ਨੂੰ ਮੰਨ ਲਿਆ ਉਸ (ਦੀਆਂ ਅੱਖਾਂ ਤੋਂ ਮਾਇਆ ਦੇ ਮੋਹ) ਦਾ ਪੜਦਾ ਲਹਿ ਜਾਂਦਾ ਹੈ । ਹੇ ਦਾਸ ਨਾਨਕ! ਜਿਸ ਨੂੰ ਗੁਰੂ ਨੇ ਨਾਮ-ਮੰਤ੍ਰ ਦੇ ਦਿੱਤਾ, ਨਾਮ-ਦਾਰੂ ਦੇ ਦਿੱਤਾ, ਉਹ ਮਨੁੱਖ (ਚੌਰਾਸੀ ਲੱਖ) ਜੂਨਾਂ ਦੇ ਕਲੇਸ਼ ਨਹੀਂ ਪਾਂਦਾ ।੫।੨।

ਹੇ ਭਾਈ! ਇਸ ਤਰ੍ਹਾਂ ਮਨੁੱਖ ਸੰਸਾਰ-ਸਮੁੰਦਰ ਤੋਂ ਪਾਰ ਲੰਘ ਜਾਂਦਾ ਹੈ । ਤੂੰ ਭੀ ਪਰਮਾਤਮਾ ਦਾ ਧਿਆਨ ਧਰਿਆ ਕਰ, ਵਿਕਾਰਾਂ ਵਲੋਂ ਮੁਰਦਾ ਹੋ ਜਾ, ਅਤੇ ਪ੍ਰਭੂ ਤੋਂ ਬਿਨਾ ਹੋਰ ਹੋਰ ਪਿਆਰ ਛੱਡ ਦੇਹ । ਰਹਾਉ ਦੂਜਾ ।੨।੧੧।

ਮਾਰੂ ਮਹਲਾ ੫ ॥ ਬਾਹਰਿ ਢੂਢਨ ਤੇ ਛੂਟਿ ਪਰੇ ਗੁਰਿ ਘਰ ਹੀ ਮਾਹਿ ਦਿਖਾਇਆ ਥਾ ॥ ਅਨਭਉ ਅਚਰਜ ਰੂਪੁ ਪ੍ਰਭ ਪੇਖਿਆ ਮੇਰਾ ਮਨੁ ਛੋਡਿ ਨ ਕਤਹੂ ਜਾਇਆ ਥਾ ॥੧॥ ਮਾਨਕੁ ਪਾਇਓ ਰੇ ਪਾਇਓ ਹਰਿ ਪੂਰਾ ਪਾਇਆ ਥਾ ॥ ਮੋਲਿ ਅਮੋਲੁ ਨ ਪਾਇਆ ਜਾਈ ਕਰਿ ਕਿਰਪਾ ਗੁਰੂ ਦਿਵਾਇਆ ਥਾ ॥੧॥ ਰਹਾਉ ॥ ਅਦਿਸਟੁ ਅਗੋਚਰੁ ਪਾਰਬ੍ਰਹਮੁ ਮਿਲਿ ਸਾਧੂ ਅਕਥੁ ਕਥਾਇਆ ਥਾ ॥ ਅਨਹਦ ਸਬਦੁ ਦਸਮ ਦੁਆਰਿ ਵਜਿਓ ਤਹ ਅੰਮ੍ਰਿਤ ਨਾਮੁ ਚੁਆਇਆ ਥਾ ॥੨॥ ਤੋਟਿ ਨਾਹੀ ਮਨਿ ਤ੍ਰਿਸਨਾ ਬੂਝੀ ਅਖੁਟ ਭੰਡਾਰ ਸਮਾਇਆ ਥਾ ॥ ਚਰਣ ਚਰਣ ਚਰਣ ਗੁਰ ਸੇਵੇ ਅਘੜੁ ਘੜਿਓ ਰਸੁ ਪਾਇਆ ਥਾ ॥੩॥ ਸਹਜੇ ਆਵਾ ਸਹਜੇ ਜਾਵਾ ਸਹਜੇ ਮਨੁ ਖੇਲਾਇਆ ਥਾ ॥ ਕਹੁ ਨਾਨਕ ਭਰਮੁ ਗੁਰਿ ਖੋਇਆ ਤਾ ਹਰਿ ਮਹਲੀ ਮਹਲੁ ਪਾਇਆ ਥਾ ॥੪॥੩॥੧੨॥ {ਪੰਨਾ ੧੦੦੨}

ਪਦ ਅਰਥ :—ਤੇ—ਤੋਂ । ਛੂਟਿ ਪਰੇ—ਬਚ ਗਏ । ਗੁਰਿ—ਗੁਰੂ ਨੇ । ਘਰ ਮਾਹਿ—ਹਿਰਦੇ ਵਿਚ । ਅਨਭਉ—ਅਨੁਭਵ, ਝਲਕਾਰਾ । ਪ੍ਰਭ—ਪ੍ਰਭੂ ਦਾ । ਕਤਹੂ—ਕਿਸੇ ਭੀ ਹੋਰ ਪਾਸੇ । ਨ ਜਾਇਆ—ਨਹੀਂ ਜਾਂਦਾ ।੧।

ਮਾਨਕੁ—ਮੋਤੀ । ਰੇ—ਹੇ ਭਾਈ! ਪਾਇਆ—ਲੱਭ ਲਿਆ ਹੈ । ਮੋਲਿ ਅਮੋਲੁ—ਕਿਸੇ ਭੀ ਭੁੱਲ ਤੋਂ ਨਾਹ ਮਿਲ ਸਕਣ ਵਾਲਾ । ਮੋਲਿ—ਮੁੱਲ ਤੋਂ । ਕਰਿ—ਕਰ ਕੇ ।੧।ਰਹਾਉ।

ਅਦਿਸਟੁ—ਇਹਨਾਂ ਅੱਖਾਂ ਨਾਲ ਨਾਹ ਦਿੱਸਣ ਵਾਲਾ । ਅਗੋਚਰੁ—{ਅ-ਗੋ-ਚਰੁ । ਗੋ—ਗਿਆਨੁ-ਇੰਦ੍ਰੇ । ਚਰ—ਪਹੁੰਚ} ਜੋ ਗਿਆਨ-ਇੰਦ੍ਰਿਆਂ ਦੀ ਪਹੁੰਚ ਤੋਂ ਪਰੇ ਹੈ । ਮਿਲਿ ਸਾਧੂ—ਗੁਰੂ ਨੂੰ ਮਿਲ ਕੇ । ਕਥਾਇਆ—ਸਿਫ਼ਤਿ-ਸਾਲਾਹ ਕਰਨੀ ਸ਼ੁਰੂ ਕਰ ਦਿੱਤੀ । ਅਕਥੁ—ਅਕੱਥੁ, ਜਿਸ ਦਾ ਮੁਕੰਮਲ ਸਰੂਪ ਬਿਆਨ ਤੋਂ ਪਰੇ ਹੈ । ਅਨਹਦ—ਬਿਨਾ ਵਜਾਇਆਂ ਵੱਜਣ ਵਾਲਾ, ਇੱਕ-ਰਸ, ਮਤਵਾਤਰ । ਸਬਦੁ ਵਜਿਓ—ਸਿਫ਼ਤਿ-ਸਾਲਾਹ ਦੀ ਬਾਣੀ ਪੂਰਾ ਪ੍ਰਭਾਵ ਪਾਣ ਲੱਗ ਪਈ । ਦੁਆਰਿ—ਦੁਆਰ ਵਿਚ । ਦਸਮ ਦੁਆਰਿ—ਦਸਵੇਂ ਦੁਆਰ ਵਿਚ, ਦਸਵੇਂ ਦਰਵਾਜ਼ੇ ਵਿਚ, ਦਿਮਾਗ਼ ਵਿਚ । ਤਹ—ਉਥੇ, ਉਸ ਦਿਮਾਗ਼ ਵਿਚ । ਅੰਮ੍ਰਿਤ—ਆਤਮਕ ਜੀਵਨ ਦੇਣ ਵਾਲਾ ।੨।

ਤੋਟਿ—ਘਾਟਾ, ਕਮੀ । ਮਨਿ—ਮਨ ਵਿਚ (ਵੱਸ ਰਹੀ) । ਬੂਝੀ—ਬੁੱਝ ਗਈ । ਅਖੁਟ—ਨਾਹ ਮੁੱਕਣ ਵਾਲੇ । ਭੰਡਾਰ—ਖ਼ਜ਼ਾਨੇ । ਚਰਣ ਗੁਰ—ਗੁਰੂ ਦੇ ਚਰਨ । ਅਘੜੁ—ਕੋਈ ਘਾੜਤ ਵਾਲਾ (ਮਨ) । ਰਸੁ—ਸੁਆਦ ।੩।

ਸਹਜੇ—ਸਹਜਿ ਹੀ, ਆਤਮਕ ਅਡੋਲਤਾ ਵਿਚ ਹੀ । ਆਵਾ ਜਾਵਾ—ਆਉਂਦਾ ਜਾਂਦਾ, ਕਾਰ-ਵਿਹਾਰ ਕਰਦਾ ਹੈ । ਖੇਲਾਇਆ—ਖੇਡਦਾ ਹੈ । ਕਹੁ—ਆਖ । ਨਾਨਕ—ਹੇ ਨਾਨਕ! ਗੁਰਿ—ਗੁਰੂ ਨੇ । ਭਰਮੁ—ਭਟਕਣਾ । ਮਹਲੀ ਮਹਲੁ—ਮਹਲ ਦੇ ਮਾਲਕ ਦਾ ਮਹਲ ।੪।

ਅਰਥ :—ਹੇ ਭਾਈ! ਮੈਂ ਮੋਤੀ ਲੱਭ ਲਿਆ ਹੈ, ਮੈਂ ਪੂਰਨ ਪਰਮਾਤਮਾ ਲੱਭ ਲਿਆ ਹੈ । ਹੇ ਭਾਈ! ਇਹ ਮੋਤੀ ਬਹੁਤ ਅਮੋਲਕ ਹੈ, ਕਿਸੇ ਮੁੱਲ ਤੋਂ ਨਹੀਂ

ਮਿਲ ਸਕਦਾ । ਮੈਨੂੰ ਤਾਂ ਇਹ ਮੋਤੀ ਗੁਰੂ ਨੇ ਦਿਵਾ ਦਿੱਤਾ ਹੈ ।੧।ਰਹਾਉ।

ਹੇ ਭਾਈ! ਪਰਮਾਤਮਾ ਇਹਨਾਂ ਅੱਖਾਂ ਨਾਲ ਨਹੀਂ ਦਿੱਸਦਾ, ਸਾਡੇ ਗਿਆਨ-ਇੰਦ੍ਰਿਆਂ ਦੀ ਪਹੁੰਚ ਤੋਂ ਪਰੇ ਹੈ, ਉਸ ਦਾ ਮੁਕੰਮਲ ਸਰੂਰ ਬਿਆਨ ਨਹੀਂ ਕੀਤਾ ਜਾ ਸਕਦਾ । ਹੇ ਭਾਈ! ਗੁਰੂ ਨੂੰ ਮਿਲ ਕੇ ਮੈਂ ਉਸ ਦੀ ਸਿਫ਼ਤਿ-ਸਾਲਾਹ ਕਰਨੀ ਸ਼ੁਰੂ ਕਰ ਦਿੱਤੀ ਹੈ । ਹੇ ਭਾਈ! ਮੇਰੇ ਦਿਮਾਗ਼ ਵਿਚ ਹੁਣ ਹਰ ਵੇਲੇ ਸਿਫ਼ਤਿ-ਸਾਲਾਹ ਦੀ ਬਾਣੀ ਪ੍ਰਭਾਵ ਪਾ ਰਹੀ ਹੈ; ਮੇਰੇ ਅੰਦਰ ਹੁਣ ਹਰ ਵੇਲੇ ਆਤਮਕ ਜੀਵਨ ਦੇਣ ਵਾਲਾ ਨਾਮ-ਰਸ ਚੋ ਰਿਹਾ ਹੈ ।੨।

ਹੇ ਭਾਈ! ਮੇਰੇ ਮਨ ਵਿਚ ਕਦੇ ਨਾਹ ਮੁੱਕਣ ਵਾਲੇ ਨਾਮ-ਖ਼ਜ਼ਾਨੇ ਭਰ ਗਏ ਹਨ, ਇਹਨਾਂ ਖ਼ਜ਼ਾਨਿਆਂ ਵਿਚ ਕਦੇ ਕਮੀ ਨਹੀਂ ਆ ਸਕਦੀ, ਮਨ ਵਿਚ (ਵੱਸ-ਰਹੀ) ਤ੍ਰਿਸ਼ਨਾ (-ਅੱਗ ਦੀ ਲਾਟ) ਬੁੱਝ ਗਈ ਹੈ । ਮੈਂ ਹਰ ਵੇਲੇ ਗੁਰੂ ਦੇ ਚਰਨਾਂ ਦਾ ਆਸਰਾ ਲੈ ਰਿਹਾ ਹਾਂ । ਮੈਂ ਨਾਮ-ਅੰਮ੍ਰਿਤ ਦਾ ਸੁਆਦ ਚੱਖ ਲਿਆ ਹੈ, ਤੇ ਪਹਿਲੀ ਕੋਝੀ ਘਾੜਤ ਵਾਲਾ ਮਨ ਹੁਣ ਸੋਹਣਾ ਬਣ ਗਿਆ ਹੈ ।੩।

ਹੇ ਭਾਈ! ਨਾਮ-ਖ਼ਜ਼ਾਨੇ ਦੀ ਬਰਕਤਿ ਨਾਲ ਮੇਰਾ ਮਨ ਹਰ ਵੇਲੇ ਆਤਮਕ ਅਡੋਲਤਾ ਵਿਚ ਟਿਕ ਕੇ ਕਾਰ-ਵਿਹਾਰ ਕਰ ਰਿਹਾ ਹੈ, ਮਨ ਸਦਾ ਆਤਮਕ ਅਡੋਲਤਾ ਵਿਚ ਖੇਡ ਰਿਹਾ ਹੈ । ਹੇ ਨਾਨਕ! ਆਖ—(ਜਦੋਂ ਦੀ) ਗੁਰੂ ਨੇ ਮੇਰੀ ਭਟਕਣਾ ਦੂਰ ਕਰ ਦਿੱਤੀ ਹੈ, ਤਦੋਂ ਤੋਂ ਮੈਂ ਸਦਾ ਅਸਥਿਰ ਟਿਕਾਣੇ ਵਾਲੇ ਹਰੀ (ਦੇ ਚਰਨਾਂ ਵਿਚ) ਟਿਕਾਣਾ ਲੱਭ ਲਿਆ ਹੈ ।੪।੩।੧੨।

ਮਾਰੂ ਮਹਲਾ ੫ ॥ ਜਿਸਹਿ ਸਾਜਿ ਨਿਵਾਜਿਆ ਤਿਸਹਿ ਸਿਉ ਰੁਚ ਨਾਹਿ ॥ ਆਨ ਰੂਤੀ ਆਨ ਬੋਈਐ ਫਲੁ ਨ ਫੂਲੈ ਤਾਹਿ ॥੧॥ ਰੇ ਮਨ ਵਤ੍ਰ ਬੀਜਣ ਨਾਉ ॥ ਬੋਇ ਖੇਤੀ ਲਾਇ ਮਨੂਆ ਭਲੋ ਸਮਉ ਸੁਆਉ ॥੧॥ ਰਹਾਉ ॥ ਖੋਇ ਖਹੜਾ ਭਰਮੁ ਮਨ ਕਾ ਸਤਿਗੁਰ ਸਰਣੀ ਜਾਇ ॥ ਕਰਮੁ ਜਿਸ ਕਉ ਧੁਰਹੁ ਲਿਖਿਆ ਸੋਈ ਕਾਰ ਕਮਾਇ ॥੨॥ ਭਾਉ ਲਾਗਾ ਗੋਬਿਦ ਸਿਉ ਘਾਲ ਪਾਈ ਥਾਇ ॥ ਖੇਤਿ ਮੇਰੈ ਜੰਮਿਆ ਨਿਖੁਟਿ ਨ ਕਬਹੂ ਜਾਇ ॥੩॥ ਪਾਇਆ ਅਮੋਲੁ ਪਦਾਰਥੋ ਛੋਡਿ ਨ ਕਤਹੂ ਜਾਇ ॥ ਕਹੁ ਨਾਨਕ ਸੁਖੁ ਪਾਇਆ ਤ੍ਰਿਪਤਿ ਰਹੇ ਆਘਾਇ ॥੪॥੪॥੧੩॥ {ਪੰਨਾ ੧੦੦੨}

ਪਦ ਅਰਥ :—ਜਿਸਹਿ—ਜਿਸੁ ਹੀ (ਨੇ) {ਕ੍ਰਿਆ ਵਿਸ਼ੇਸ਼ਣ 'ਹੀ' ਦੇ ਕਾਰਨ ਲਫ਼ਜ਼ 'ਜਿਸੁ' ਦਾ ੁ ਉੱਡ ਗਿਆ ਹੈ} । ਸਾਜਿ—ਪੈਦਾ ਕਰ ਕੇ । ਨਿਵਾਜਿਆ—ਬਖ਼ਸ਼ਸ਼ਾਂ ਕੀਤੀਆਂ ਹਨ । ਤਿਸਹਿ ਸਿਉ—ਤਿਸੁ ਹੀ ਸਿਉ, ਉਸੇ ਨਾਲ ਹੀ । ਰਚੁ—ਪਿਆਰ । ਆਨ—{ਅੰਯ} ਹੋਰ ਕੋਈ । ਬੋਈਐ—ਜੇ ਬੀਜ ਬੀਜੀਏ । ਫੂਲੈ—ਫੁੱਲ । ਤਾਹਿ—ਉਸ ਨੂੰ ।੧।

ਵਤ੍ਰ ਬੀਜਣ—ਬੀਜਣ ਦਾ ਵੱਤਰ, ਬੀਜਣ ਦਾ ਢੁਕਵਾਂ ਸਮਾਂ । ਨਾਉ—ਪ੍ਰਭੂ ਦਾ ਨਾਮ-ਬੀਜ । ਬੋਇ—ਬੀਜ ਲੈ । ਲਾਇ—ਲਾ ਕੇ । ਸਮਉ—ਸਮਾ । ਸੁਆਉ—ਲਾਭ ।੧।ਰਹਾਉ।

ਖੋਇ—ਦੂਰ ਕਰ ਕੇ । ਖਹੜਾ—ਜ਼ਿੱਦ । ਭਰਮੁ—ਭਟਕਣਾ । ਜਾਇ—ਜਾ ਪਉ । ਕਰਮੁ—ਬਖ਼ਸ਼ਸ਼ (ਦਾ ਲੇਖ) । ਜਿਸ ਕਉ—{ਸੰਬੰਧਕ 'ਕਉ' ਦੇ ਕਾਰਨ ਲਫ਼ਜ਼ 'ਜਿਸੁ' ਦਾ ੁ ਉੱਡ ਗਿਆ ਹੈ} ਜਿਸ ਦੇ ਵਾਸਤੇ; ਜਿਸ ਦੇ ਮੱਥੇ ਉਤੇ । ਧੁਰਹੁ—ਪ੍ਰਭੂ ਦੀ ਹਜ਼ੂਰੀ ਤੋਂ । ਕਮਾਇ—ਕਮਾਂਦਾ ਹੈ ।੨।

ਭਾਉ—ਪਿਆਰ । ਸਿਉ—ਨਾਲ । ਘਾਲ—ਮਿਹਨਤ । ਥਾਇ ਪਾਈ—ਪਰਵਾਨ ਕੀਤੀ । ਥਾਇ {ਲਫ਼ਜ਼ 'ਥਾਉ' ਤੋਂ ਅਧਿਕਰਣ ਕਾਰਕ} ਥਾਂ ਵਿਚ; ਥਾਂ ਸਿਰ । ਖੇਤਿ ਮੇਰੈ—ਮੇਰੇ ਹਿਰਦੇ-ਖੇਤ ਵਿਚ । ਜੰਮਿਆ—ਉੱਗ ਪਿਆ ਹੈ । ਨਿਖੁਟਿ ਨ ਜਾਇ—ਮੁੱਕਦਾ ਨਹੀਂ ।੩।

ਅਮੋਲੁ—ਜੋ ਕਿਸੇ ਮੁੱਲ ਤੋਂ ਨਾਹ ਮਿਲ ਸਕੇ । ਛੋਡਿ—ਛੱਡ ਕੇ । ਕਤਹੂ—ਕਿਤੇ ਭੀ । ਤ੍ਰਿਪਤਿ ਰਹੇ ਆਘਾਇ—ਤ੍ਰਿਪਤਿ ਆਘਾਇ ਰਹੇ, ਪੂਰਨ ਤੌਰ ਤੇ ਸੰਤੋਖੀ ਜੀਵਨ ਵਾਲੇ ਹੋ ਗਏ ।੪।

ਅਰਥ :—ਹੇ (ਮੇਰੇ) ਮਨ! (ਇਹ ਮਨੁੱਖਾ ਜੀਵਨ ਪਰਮਾਤਮਾ ਦਾ) ਨਾਮ-ਬੀਜਣ ਲਈ ਢੁਕਵਾਂ ਸਮਾ ਹੈ । ਹੇ ਭਾਈ! ਆਪਣਾ ਮਨ ਲਾ ਕੇ (ਹਿਰਦੇ ਦੀ) ਖੇਤੀ ਵਿਚ (ਨਾਮ) ਬੀਜ ਲੈ । ਇਹੀ ਚੰਗਾ ਮੌਕਾ ਹੈ, (ਇਸੇ ਵਿਚ) ਲਾਭ ਹੈ ।੧।ਰਹਾਉ।

ਹੇ ਭਾਈ! ਜਿਸ ਪਰਮਾਤਮਾ ਨੇ ਤੈਨੂੰ ਪੈਦਾ ਕਰ ਕੇ ਕਈ ਬਖ਼ਸ਼ਸ਼ਾਂ ਕੀਤੀਆਂ ਹੋਈਆਂ ਹਨ, ਉਸ ਨਾਲ ਹੀ ਤੇਰਾ ਪਿਆਰ ਨਹੀਂ ਹੈ । (ਤੂੰ ਹੋਰ ਹੋਰ ਆਹਰਾਂ ਵਿਚ ਲੱਗਾ ਫਿਰਦਾ ਹੈਂ, ਪਰ ਜੇ) ਰੁੱਤ ਕੋਈ ਹੋਵੇ, ਬੀਜ ਕੋਈ ਹੋਰ ਬੀਜ ਦੇਈਏ, ਉਸ ਨੂੰ ਨਾਹ ਫੁੱਲ ਲੱਗਦਾ ਹੈ ਨਾਹ ਫਲ ।੧।

ਹੇ ਭਾਈ! ਆਪਣੇ ਮਨ ਦੀ ਜ਼ਿੱਦ ਆਪਣੇ ਮਨ ਦੀ ਭਟਕਣਾ ਦੂਰ ਕਰ, ਤੇ, ਗੁਰੂ ਦੀ ਸਰਨ ਜਾ ਪਉ (ਤੇ ਪਰਮਾਤਮਾ ਦਾ ਨਾਮ-ਬੀਜ ਬੀਜ ਲੈ) । ਪਰ ਇਹ ਕਾਰ ਉਹੀ ਮਨੁੱਖ ਕਰਦਾ ਹੈ ਜਿਸ ਦੇ ਮੱਥੇ ਉਤੇ ਪ੍ਰਭੂ ਦੀ ਹਜ਼ੂਰੀ ਤੋਂ ਇਹ ਲੇਖ ਲਿਖਿਆ ਹੋਇਆ ਹੋਵੇ ।੨।

ਹੇ ਭਾਈ! ਜਿਸ ਮਨੁੱਖ ਦਾ ਪਰਮਾਤਮਾ ਨਾਲ ਪਿਆਰ ਬਣ ਜਾਂਦਾ ਹੈ, (ਉਸ ਦੀ ਨਾਮ ਸਿਮਰਨ ਦੀ) ਮਿਹਨਤ ਪਰਮਾਤਮਾ ਪਰਵਾਨ ਕਰ ਲੈਂਦਾ ਹੈ । ਹੇ ਭਾਈ! ਮੇਰੇ ਹਿਰਦੇ-ਖੇਤ ਵਿਚ ਭੀ ਉਹ ਨਾਮ-ਫ਼ਸਲ ਉੱਗ ਪਿਆ ਹੈ ਜੋ ਕਦੇ ਭੀ ਮੁੱਕਦਾ ਨਹੀਂ ।੩।

ਹੇ ਨਾਨਕ! ਜਿਨ੍ਹਾਂ ਮਨੁੱਖਾਂ ਨੇ (ਪ੍ਰਭੂ ਦਾ ਨਾਮ) ਅਮੋਲਕ ਪਦਾਰਥ ਲੱਭ ਲਿਆ, ਉਹ ਇਸ ਨੂੰ ਛੱਡ ਕੇ ਕਿਸੇ ਹੋਰ ਪਾਸੇ ਨਹੀਂ ਭਟਕਦੇ; ਉਹ ਆਤਮਕ ਆਨੰਦ ਮਾਣਦੇ ਹਨ, ਉਹ (ਮਾਇਆ ਵਲੋਂ) ਪੂਰਨ ਤੌਰ ਤੇ ਸੰਤੋਖੀ ਜੀਵਨ ਵਾਲੇ ਹੋ ਜਾਂਦੇ ਹਨ ।੪।੪।੧੩।

ਮਾਰੂ ਮਹਲਾ ੫ ॥ ਫੂਟੋ ਆਂਡਾ ਭਰਮ ਕਾ ਮਨਹਿ ਭਇਓ ਪਰਗਾਸੁ ॥ ਕਾਟੀ ਬੇਰੀ ਪਗਹ ਤੇ ਗੁਰਿ ਕੀਨੀ ਬੰਦਿ ਖਲਾਸੁ ॥੧॥ ਆਵਣ ਜਾਣੁ ਰਹਿਓ ॥ ਤਪਤ ਕੜਾਹਾ ਬੁਝਿ ਗਇਆ ਗੁਰਿ ਸੀਤਲ ਨਾਮੁ ਦੀਓ ॥੧॥ ਰਹਾਉ ॥ ਜਬ ਤੇ ਸਾਧੂ ਸੰਗੁ ਭਇਆ ਤਉ ਛੋਡਿ ਗਏ ਨਿਗਹਾਰ ॥ ਜਿਸ ਕੀ ਅਟਕ ਤਿਸ ਤੇ ਛੁਟੀ ਤਉ ਕਹਾ ਕਰੈ ਕੋਟਵਾਰ ॥੨॥ ਚੂਕਾ ਭਾਰਾ ਕਰਮ ਕਾ ਹੋਏ ਨਿਹਕਰਮਾ ॥ ਸਾਗਰ ਤੇ ਕੰਢੈ ਚੜੇ ਗੁਰਿ ਕੀਨੇ ਧਰਮਾ ॥੩॥ ਸਚੁ ਥਾਨੁ ਸਚੁ ਬੈਠਕਾ ਸਚੁ ਸੁਆਉ ਬਣਾਇਆ ॥ ਸਚੁ ਪੂੰਜੀ ਸਚੁ ਵਖਰੋ ਨਾਨਕ ਘਰਿ ਪਾਇਆ ॥੪॥੫॥੧੪॥ {ਪੰਨਾ ੧੦੦੨}

ਪਦ ਅਰਥ :—ਮਨਹਿ—ਮਨ ਵਿਚ । ਪਰਗਾਸੁ—ਚਾਨਣ, ਆਤਮਕ ਜੀਵਨ ਦੀ ਸੂਝ । ਬੇਰੀ—ਬੇੜੀ । ਪਗਹ ਤੇ—ਪੈਰਾਂ ਤੋਂ । ਗੁਰਿ—ਗੁਰੂ ਨੇ ।

ਬੰਦਿ—ਬੰਦੀ ਤੋਂ, ਕੈਦ ਤੋਂ, ਮੋਹ ਦੀ ਕੈਦ ਤੋਂ । ਖਲਾਸੁ—ਛੁਟਕਾਰਾ ।੧।

ਆਵਣ ਜਾਣੁ—ਜਨਮ ਮਰਨ ਦਾ ਗੇੜ, ਭਟਕਣਾ । ਰਹਿਓ—ਮੁੱਕ ਗਿਆ । ਤਪਤ ਕੜਾਹਾ—ਤਪਦਾ ਕੜਾਹਾ, ਤ੍ਰਿਸ਼ਨਾ ਦੀ ਅੱਗ ਦਾ ਭਾਂਬੜ । ਗੁਰਿ—ਗੁਰੂ ਨੇ । ਸੀਤਲ—ਠੰਢ ਪਾਣ ਵਾਲਾ ।੧।ਰਹਾਉ।

ਜਬ ਤੇ—ਜਦੋਂ ਤੋਂ । ਸਾਧੂ ਸੰਗੁ—ਗੁਰੂ ਦਾ ਮਿਲਾਪ । ਤਉ—ਤਦੋਂ । ਨਿਗਹਾਰ—ਨਿਗਾਹ ਰੱਖਣ ਵਾਲੇ, ਜਮਦੂਤ, ਆਤਮਕ ਮੌਤ ਦਾ ਸਨੇਹਾ ਲਿਆਉਣ ਵਾਲੇ । ਜਿਸ ਕੀ, ਤਿਸ ਤੇ—{ਸੰਬੰਧਕ 'ਕੀ' ਅਤੇ 'ਤੇ' ਦੇ ਕਾਰਨ ਲਫ਼ਜ਼ 'ਜਿਸੁ' ਅਤੇ 'ਤਿਸੁ' ਦਾ ੁ ਉੱਡ ਗਿਆ ਹੈ} । ਕਹਾ ਕਰੈ—ਕੀਹ ਕਰ ਸਕਦਾ ਹੈ? ਕੋਟਵਾਰ—ਕੋਤਵਾਲ, ਜਮਰਾਜ ।੨।

ਭਾਰਾ—ਕਰਜ਼ਾ । ਕਰਮ ਕਾ—ਪਿਛਲੇ ਕੀਤੇ ਕਰਮਾਂ ਦਾ । ਨਿਹਕਰਮਾ—ਵਾਸਨਾ-ਰਹਿਤ । ਤੇ—ਤੋਂ । ਕੰਢੈ—ਕੰਢੇ ਉੱਤੇ । ਗੁਰਿ—ਗੁਰੂ ਨੇ । ਧਰਮਾ—ਭਲਾਈ, ਉਪਕਾਰ ।੩।

ਸਚੁ—ਸਦਾ ਕਾਇਮ ਰਹਿਣ ਵਾਲਾ । ਸੁਆਉ—ਜੀਵਨ-ਮਨੋਰਥ । ਪੂੰਜੀ—ਸਰਮਾਇਆ । ਵਖਰੋ—ਵੱਖਰ, ਸੌਦਾ । ਘਰਿ—ਹਿਰਦੇ ਵਿਚ ।੪।

ਅਰਥ :—ਹੇ ਭਾਈ! ਜਿਸ ਮਨੁੱਖ ਨੂੰ ਗੁਰੂ ਨੇ ਆਤਮਕ ਠੰਢ ਦੇਣ ਵਾਲਾ ਹਰਿ-ਨਾਮ ਦੇ ਦਿੱਤਾ, ਉਸ ਦੇ ਅੰਦਰੋਂ ਤ੍ਰਿਸ਼ਨਾ ਦੀ ਅੱਗ ਦਾ ਭਾਂਬੜ ਬੁੱਝ ਗਿਆ, ਉਸ ਦੀ (ਮਾਇਆ ਦੀ ਖ਼ਾਤਰ) ਭਟਕਣਾ ਮੁੱਕ ਗਈ ।੧।ਰਹਾਉ।

ਹੇ ਭਾਈ! ਗੁਰੂ ਨੇ ਜਿਸ ਮਨੁੱਖ ਦੇ ਪੈਰਾਂ ਤੋਂ (ਮੋਹ ਦੀਆਂ) ਬੇੜੀਆਂ ਕੱਟ ਦਿੱਤੀਆਂ, ਜਿਸ ਨੂੰ ਮੋਹ ਦੀ ਕੈਦ ਤੋਂ ਛੁਟਕਾਰਾ ਦੇ ਦਿੱਤਾ, ਉਸ ਦੇ ਮਨ ਵਿਚ ਆਤਮਕ ਜੀਵਨ ਦੀ ਸੂਝ ਪੈਦਾ ਹੋ ਗਈ, ਉਸ ਦਾ ਭਰਮ (ਭਟਕਣ) ਦਾ ਆਂਡਾ ਫੁੱਟ ਗਿਆ (ਉਸ ਦਾ ਮਨ ਆਤਮਕ ਉਡਾਰੀ ਲਾਣ-ਜੋਗਾ ਹੋ ਗਿਆ, ਜਿਵੇਂ ਆਂਡੇ ਦੇ ਖ਼ੋਲ ਦੇ ਫੁੱਟ ਜਾਣ ਪਿੱਛੋਂ ਉਸ ਦੇ ਅੰਦਰ ਦਾ ਪੰਛੀ ਉਡਾਰੀਆਂ ਲਾਣ ਜੋਗਾ ਹੋ ਜਾਂਦਾ ਹੈ) ।੧।

ਹੇ ਭਾਈ! ਜਦੋਂ (ਕਿਸੇ ਵਡ-ਭਾਗੀ ਮਨੁੱਖ ਨੂੰ) ਗੁਰੂ ਦਾ ਮਿਲਾਪ ਹਾਸਲ ਹੋ ਜਾਂਦਾ ਹੈ, ਤਦੋਂ (ਉਸ ਦੇ ਆਤਮਕ ਜੀਵਨ ਉੱਤੇ) ਤੱਕ ਰੱਖਣ ਵਾਲੇ (ਵਿਕਾਰ ਉਸ ਨੂੰ) ਛੱਡ ਜਾਂਦੇ ਹਨ । ਜਦੋਂ ਪਰਮਾਤਮਾ ਵਲੋਂ (ਆਤਮਕ ਜੀਵਨ ਦੇ ਰਾਹ ਵਿਚ) ਪਾਈ ਹੋਈ ਰੁਕਾਵਟ ਉਸ ਦੀ ਮਿਹਰ ਨਾਲ (ਗੁਰੂ ਦੀ ਰਾਹੀਂ) ਮੁੱਕ ਜਾਂਦੀ ਹੈ ਤਦੋਂ (ਉਹਨਾਂ ਤੱਕ ਰਖਣ ਵਾਲਿਆਂ ਦਾ ਸਰਦਾਰ) ਕੋਤਵਾਲ (ਮੋਹ) ਭੀ ਕੁਝ ਵਿਗਾੜ ਨਹੀਂ ਸਕਦਾ ।੨।

ਹੇ ਭਾਈ! ਜਿਨ੍ਹਾਂ ਮਨੁੱਖਾਂ ਉਤੇ ਗੁਰੂ ਨੇ ਉਪਕਾਰ ਕਰ ਦਿੱਤਾ, ਉਹ (ਸੰਸਾਰ-) ਸਮੁੰਦਰ (ਵਿਚ ਡੁੱਬਣ) ਤੋਂ (ਬਚ ਕੇ) ਕੰਢੇ ਉਤੇ ਪਹੁੰਚ ਗਏ, ਉਹਨਾਂ ਦਾ ਅਨੇਕਾਂ ਜਨਮਾਂ ਦੇ ਕੀਤੇ ਮੰਦ-ਕਰਮਾਂ ਦਾ ਕਰਜ਼ (ਭਾਵ, ਵਿਕਾਰਾਂ ਦੇ ਸੰਸਕਾਰਾਂ ਦਾ ਇਕੱਠ) ਮੁੱਕ ਗਿਆ, ਉਹ ਮੰਦ-ਕਰਮਾਂ ਦੀ ਕੈਦ ਵਿਚੋਂ ਨਿਕਲ ਗਏ ।੩।

ਹੇ ਨਾਨਕ! (ਆਖ—ਜਿਸ ਮਨੁੱਖ ਉਤੇ ਗੁਰੂ ਨੇ ਮਿਹਰ ਕੀਤੀ, ਉਸ ਨੇ ਆਪਣੇ) ਹਿਰਦੇ-ਘਰ ਵਿਚ ਸਦਾ ਕਾਇਮ ਰਹਿਣ ਵਾਲਾ ਨਾਮ-ਸਰਮਾਇਆ ਲੱਭ ਲਿਆ, ਸਦਾ ਕਾਇਮ ਰਹਿਣ ਵਾਲਾ ਨਾਮ-ਸੌਦਾ ਪ੍ਰਾਪਤ ਕਰ ਲਿਆ; ਉਸ ਨੇ ਸਦਾ-ਥਿਰ ਹਰਿ-ਨਾਮ ਨੂੰ ਆਪਣੀ ਜ਼ਿੰਦਗੀ ਦਾ ਮਨੋਰਥ ਬਣਾ ਲਿਆ, ਸਦਾ-ਥਿਰ ਹਰਿ-ਚਰਨ ਹੀ ਉਸ ਲਈ (ਆਤਮਕ ਰਿਹਾਇਸ਼ ਦਾ) ਥਾਂ ਬਣ ਗਿਆ, ਬੈਠਕ ਬਣ ਗਈ ।੪।੫।੧੪।

ਮਾਰੂ ਮਹਲਾ ੫ ॥ ਬੇਦੁ ਪੁਕਾਰੈ ਮੁਖ ਤੇ ਪੰਡਤ ਕਾਮਾਮਨ ਕਾ ਮਾਠਾ ॥ ਮੋਨੀ ਹੋਇ ਬੈਠਾ ਇਕਾਂਤੀ ਹਿਰਦੈ ਕਲਪਨ ਗਾਠਾ ॥ ਹੋਇ ਉਦਾਸੀ ਗ੍ਰਿਹੁ ਤਜਿ ਚਲਿਓ ਛੁਟਕੈ ਨਾਹੀ ਨਾਠਾ ॥੧॥ ਜੀਅ ਕੀ ਕੈ ਪਹਿ ਬਾਤ ਕਹਾ ॥ ਆਪਿ ਮੁਕਤੁ ਮੋ ਕਉ ਪ੍ਰਭੁ ਮੇਲੇ ਐਸੋ ਕਹਾ ਲਹਾ ॥੧॥ ਰਹਾਉ ॥ ਤਪਸੀ ਕਰਿ ਕੈ ਦੇਹੀ ਸਾਧੀ ਮਨੂਆ ਦਹ ਦਿਸ ਧਾਨਾ ॥ ਬ੍ਰਹਮਚਾਰਿ ਬ੍ਰਹਮਚਜੁ ਕੀਨਾ ਹਿਰਦੈ ਭਇਆ ਗੁਮਾਨਾ ॥ ਸੰਨਿਆਸੀ ਹੋਇ ਕੈ ਤੀਰਥਿ ਭ੍ਰਮਿਓ ਉਸੁ ਮਹਿ ਕ੍ਰੋਧੁ ਬਿਗਾਨਾ ॥੨॥ {ਪੰਨਾ ੧੦੦੩}

ਪਦ ਅਰਥ :—ਪੁਕਾਰੈ—ਉੱਚੀ ਉੱਚੀ ਪੜ੍ਹਦਾ ਹੈ । ਮੁਖ ਤੇ—ਮੂੰਹ ਤੋਂ, ਮੂੰਹ ਨਾਲ । ਪੰਡਤ—ਹੇ ਪੰਡਿਤ! ਮਾਠਾ—ਮੱਠਾ, ਢਿੱਲਾ । ਕਾਮਾਮਨ ਕਾ—ਕਮਾਵਨ ਦਾ, ਕਮਾਣ ਦਾ, ਆਤਮਕ ਜੀਵਨ ਬਣਾਣ ਦਾ । ਮੋਨੀ—ਮੋਨ-ਧਾਰੀ, ਸਦਾ ਚੁੱਪ ਸਾਧੀ ਰੱਖਣ ਵਾਲਾ । ਇਕਾਂਤੀ—ਇਕਾਂਤ ਵਿਚ, ਕਿਸੇ ਗੁਫ਼ਾ ਆਦਿਕ ਵਿਚ ਇਕੱਲਾ । ਹਿਰਦੈ—ਹਿਰਦੇ ਵਿਚ । ਗਾਠਾ—ਗੰਢ । ਕਲਪਨ—ਮਾਨਸਕ ਦੌੜ-ਭੱਜ । ਹੋਇ—ਹੋ ਕੇ । ਉਦਾਸੀ—ਉਪਰਾਮ । ਗ੍ਰਿਹੁ—ਘਰ, ਗ੍ਰਿਹਸਤ । ਤਜਿ—ਛੱਡ ਕੇ । ਮਾਠਾ—ਨੱਠ-ਭੱਜ, ਭਟਕਣਾ ।੧।

ਜੀਅ ਕੀ ਬਾਤ—ਦਿਲ ਦੀ ਗੱਲ । ਕੈ ਪਹਿ—ਕਿਸ ਦੇ ਪਾਸ? ਕਹਾ—ਕਹਾਂ, ਮੈਂ ਆਖਾਂ । ਮੁਕਤੁ—ਵਿਕਾਰਾਂ ਤੋਂ ਸੁਤੰਤਰ । ਮੋ ਕਉ—ਮੈਨੂੰ । ਕਹਾ—ਕਹਾਂ? ਕਿੱਥੇ? ਲਹਾ—ਲਹਾਂ, ਮੈਂ ਲੱਭਾਂ ।੧।ਰਹਾਉ।

ਕਰਿ ਕੈ—(ਤਪ) ਕਰ ਕੇ । ਦੇਹੀ ਸਾਧੀ—ਸਰੀਰ ਸਾਧਿਆ, ਸਰੀਰ ਨੂੰ ਕਸ਼ਟ ਦੇਂਦਾ ਰਿਹਾ । ਦਹਦਿਸ—ਦਸੀਂ ਪਾਸੀਂ । ਧਾਨਾ—ਦੌੜਦਾ ਰਿਹਾ । ਬ੍ਰਹਮਚਾਰਿ—ਬ੍ਰਹਮਚਾਰੀ ਨੇ । ਬ੍ਰਹਮਚਜੁ—ਬ੍ਰਹਮਚਰਜ, ਕਾਮ-ਵਾਸਨਾ ਰੋਕਣ ਦਾ ਅੱਭਿਆਸ । ਗੁਮਾਨਾ—ਅਹੰਕਾਰ । ਹੋਇ ਕੈ—ਬਣ ਕੇ । ਤੀਰਥਿ—(ਹਰੇਕ) ਤੀਰਥ ਉੱਤੇ । ਬਿਗਾਨਾ—ਬੇ-ਗਿਆਨਾ, ਮੂਰਖਤਾ ਵਾਲਾ ।੨।

ਅਰਥ :—(ਹੇ ਪੰਡਿਤ!) ਮੈਂ ਆਪਣੇ ਦਿਲ ਦੀ ਗੱਲ ਕਿਸ ਨੂੰ ਦੱਸਾਂ? ਮੈਂ ਇਹੋ ਜਿਹਾ (ਗੁਰਮੁਖ) ਕਿੱਥੋਂ ਲੱਭਾਂ ਜਿਹੜਾ ਆਪ (ਮੋਹ ਮਾਇਆ ਤੋਂ) ਬਚਿਆ ਹੋਇਆ ਹੋਵੇ, ਤੇ, ਮੈਨੂੰ (ਭੀ) ਪਰਮਾਤਮਾ ਮਿਲਾ ਦੇਵੇ? ।੧।ਰਹਾਉ।

ਹੇ ਪੰਡਿਤ! (ਤੇਰੇ ਵਰਗਾ ਕੋਈ ਤਾਂ) ਮੂੰਹ ਨਾਲ ਵੇਦ ਉੱਚੀ ਉੱਚੀ ਪੜ੍ਹਦਾ ਹੈ, ਪਰ ਆਤਮਕ ਕਮਾਈ ਕਰਨ ਵਲੋਂ ਢਿੱਲਾ ਹੈ; (ਕੋਈ) ਮੋਨਧਾਰੀ ਬਣ ਕੇ

(ਕਿਸੇ ਗੁਫ਼ਾ ਆਦਿਕ ਵਿਚ) ਇਕੱਲਾ ਬੈਠਾ ਹੋਇਆ ਹੈ, (ਪਰ ਉਸ ਦੇ ਭੀ) ਹਿਰਦੇ ਵਿਚ ਮਾਨਸਕ ਦੌੜ-ਭੱਜ ਦੀ ਗੰਢ ਬੱਝੀ ਹੋਈ ਹੈ; (ਕੋਈ ਦੁਨੀਆ ਵਲੋਂ) ਉਪਰਾਮ ਹੋ ਕੇ ਗ੍ਰਿਹਸਤ ਛੱਡ ਕੇ ਤੁਰ ਪਿਆ ਹੈ, (ਪਰ ਉਸ ਦੀ ਭੀ) ਭਟਕਣਾ ਮੁੱਕੀ ਨਹੀਂ ।੧।

(ਹੇ ਪੰਡਿਤ!) ਕੋਈ ਤਪਸ੍ਵੀ (ਤਪ) ਕਰ ਕੇ (ਨਿਰੇ) ਸਰੀਰ ਨੂੰ ਕਸ਼ਟ ਦੇ ਰਿਹਾ ਹੈ, ਮਨ (ਉਸ ਦਾ ਭੀ) ਦਸੀਂ ਪਾਸੀਂ ਦੌੜ ਰਿਹਾ ਹੈ; ਕਿਸੇ ਬ੍ਰਹਮਚਾਰੀ ਨੇ ਕਾਮ-ਵਾਸਨਾ ਰੋਕਣ ਦਾ ਅੱਭਿਆਸ ਕਰ ਲਿਆ ਹੈ, (ਪਰ ਉਸ ਦੇ) ਹਿਰਦੇ ਵਿਚ (ਇਸੇ ਗੱਲ ਦਾ) ਅਹੰਕਾਰ ਪੈਦਾ ਹੋ ਗਿਆ ਹੈ, (ਕੋਈ) ਸੰਨਿਆਸੀ ਬਣ ਕੇ (ਹਰੇਕ) ਤੀਰਥ ਉਤੇ ਭੌਂ ਰਿਹਾ ਹੈ ; ਉਸ ਦੇ ਅੰਦਰ ਉਸ ਨੂੰ ਮੂਰਖ ਬਣਾ ਦੇਣ ਵਾਲਾ ਕ੍ਰੋਧ ਪੈਦਾ ਹੋ ਗਿਆ ਹੈ (ਦੱਸ, ਪੰਡਿਤ! ਮੈਂ ਅਜਿਹਾ ਮਨੁੱਖ ਕਿੱਥੋਂ ਲੱਭਾਂ ਜੋ ਆਪ ਮੁਕਤ ਹੋਵੇ) ।੨।

ਘੂੰਘਰ ਬਾਧਿ ਭਏ ਰਾਮਦਾਸਾ ਰੋਟੀਅਨ ਕੇ ਓਪਾਵਾ ॥ ਬਰਤ ਨੇਮ ਕਰਮ ਖਟ ਕੀਨੇ ਬਾਹਰਿ ਭੇਖ ਦਿਖਾਵਾ ॥ ਗੀਤ ਨਾਦ ਮੁਖਿ ਰਾਗ ਅਲਾਪੇ ਮਨਿ ਨਹੀ ਹਰਿ ਹਰਿ ਗਾਵਾ ॥੩॥ ਹਰਖ ਸੋਗ ਲੋਭ ਮੋਹ ਰਹਤ ਹਹਿ ਨਿਰਮਲ ਹਰਿ ਕੇ ਸੰਤਾ ॥ ਤਿਨ ਕੀ ਧੂੜਿ ਪਾਏ ਮਨੁ ਮੇਰਾ ਜਾ ਦਇਆ ਕਰੇ ਭਗਵੰਤਾ ॥ ਕਹੁ ਨਾਨਕ ਗੁਰੁ ਪੂਰਾ ਮਿਲਿਆ ਤਾਂ ਉਤਰੀ ਮਨ ਕੀ ਚਿੰਤਾ ॥੪॥ ਮੇਰਾ ਅੰਤਰਜਾਮੀ ਹਰਿ ਰਾਇਆ ॥ ਸਭੁ ਕਿਛੁ ਜਾਣੈ ਮੇਰੇ ਜੀਅ ਕਾ ਪ੍ਰੀਤਮੁ ਬਿਸਰਿ ਗਏ ਬਕਬਾਇਆ ॥੧॥ ਰਹਾਉ ਦੂਜਾ ॥੬॥੧੫॥ {ਪੰਨਾ ੧੦੦੩}

ਪਦ ਅਰਥ :—ਬਾਧਿ—ਬੰਨ੍ਹ ਕੇ । ਰਾਮਦਾਸਾ—ਰਾਮ ਦੇ ਦਾਸ, ਭਗਤੀਏ, ਰਾਸਧਾਰੀਏ । ਓਪਾਵਾ—ਸਾਧਨ, ਢੰਗ । ਕਰਮ ਖਟ—ਛੇ (ਧਾਰਮਿਕ) ਕੰਮ {ਵਿੱਦਿਆ ਪੜ੍ਹਨੀ ਤੇ ਪੜ੍ਹਾਣੀ, ਦਾਨ ਦੇਣਾ ਤੇ ਲੈਣਾ, ਜੱਗ ਕਰਨਾ ਤੇ ਕਰਾਣਾ} । ਭੇਖ—ਧਾਰਮਿਕ ਪਹਿਰਾਵਾ । ਦਿਖਾਵਾ—ਵਿਖਾਇਆ । ਨਾਦ—ਆਵਾਜ਼, ਰਾਗ । ਮੁਖਿ—ਮੂੰਹ ਨਾਲ । ਅਲਾਪੇ—ਉਚਾਰੇ । ਮਨਿ—ਮਨ ਵਿਚ । ਗਾਵਾ—ਗਾਇਆ ।੩।

ਹਰਖ—ਖ਼ੁਸ਼ੀ । ਸੋਗ—ਗ਼ਮ । ਰਹਤ—ਬਚੇ ਹੋਏ । ਹਹਿ—ਹਨ {ਬਹੁ-ਵਚਨ} । ਧੂੜਿ—ਚਰਨ-ਧੂੜ । ਜਾ—ਜਦੋਂ । ਨਾਨਕ—ਹੇ ਨਾਨਕ! ।੪।

ਹਰਿ ਰਾਇਆ—ਪ੍ਰਭੂ ਪਾਤਿਸ਼ਾਹ । ਅੰਤਰਜਾਮੀ—ਸਭ ਦੇ ਦਿਲ ਦੀ ਜਾਣਨ ਵਾਲਾ । ਸਭੁ ਕਿਛੁ—ਹਰੇਕ ਗੱਲ । ਜਾਣੈ—ਜਾਣਦਾ ਹੈ {ਇਕ-ਵਚਨ} । ਬਕਬਾਇਆ—ਬਹੁਤਾ ਬੋਲਣਾ ।੧।

ਅਰਥ :—(ਹੇ ਪੰਡਿਤ! ਕਈ ਐਸੇ ਹਨ ਜੋ ਆਪਣੇ ਪੈਰਾਂ ਨਾਲ) ਘੁੰਘਰੂ ਬੰਨ੍ਹ ਕੇ ਰਾਸਧਾਰੀਏ ਬਣੇ ਹਨ, ਪਰ ਉਹ ਭੀ ਰੋਟੀਆਂ (ਕਮਾਣ ਦੇ ਹੀ ਇਹ) ਢੰਗ ਵਰਤ ਰਹੇ ਹਨ; (ਕਈ ਐਸੇ ਹਨ ਜੋ) ਵਰਤ ਨੇਮ ਆਦਿਕ ਅਤੇ ਛੇ (ਮਿਥੇ ਹੋਏ ਧਾਰਮਿਕ) ਕਰਮ ਕਰਦੇ ਹਨ, (ਪਰ ਉਹਨਾਂ ਨੇ ਭੀ) ਬਾਹਰ (ਲੋਕਾਂ ਨੂੰ ਹੀ) ਧਾਰਮਿਕ ਪਹਿਰਾਵਾ ਵਿਖਾਇਆ ਹੋਇਆ ਹੈ; (ਕਈ ਐਸੇ ਹਨ ਜੋ) ਮੂੰਹ ਨਾਲ (ਤਾਂ ਭਜਨਾਂ ਦੇ) ਗੀਤ ਰਾਗ ਅਲਾਪਦੇ ਹਨ, (ਪਰ ਆਪਣੇ) ਮਨ (ਵਿਚ ਉਹਨਾਂ ਨੇ ਭੀ ਕਦੇ) ਪਰਮਾਤਮਾ ਦੀ ਸਿਫ਼ਤਿ-ਸਾਲਾਹ ਨਹੀਂ ਕੀਤੀ ।੩।

(ਹੇ ਪੰਡਿਤ! ਸਿਰਫ਼) ਹਰੀ ਦੇ ਸੰਤ ਜਨ ਹੀ ਪਵਿੱਤਰ ਜੀਵਨ ਵਾਲੇ ਹਨ, ਉਹ ਖ਼ੁਸ਼ੀ ਗ਼ਮੀ ਲੋਭ ਮੋਹ ਆਦਿਕ ਤੋਂ ਬਚੇ ਰਹਿੰਦੇ ਹਨ । ਜਦੋਂ ਭਗਵਾਨ ਦਇਆ ਕਰੇ ਤਦੋਂ ਮੇਰਾ ਮਨ ਉਹਨਾਂ ਦੇ ਚਰਨਾਂ ਦੀ ਧੂੜ ਪ੍ਰਾਪਤ ਕਰਦਾ ਹੈ । ਹੇ ਨਾਨਕ! (ਆਖ—ਹੇ ਪੰਡਿਤ!) ਜਦੋਂ ਪੂਰਾ ਗੁਰੂ ਮਿਲਦਾ ਹੈ ਤਦੋਂ ਮਨ ਦੀ ਚਿੰਤਾ ਦੂਰ ਹੋ ਜਾਂਦੀ ਹੈ ।੪।

(ਹੇ ਪੰਡਿਤ!) ਮੇਰਾ ਪ੍ਰਭੂ-ਪਾਤਿਸ਼ਾਹ ਸਭ ਦੇ ਦਿਲ ਦੀ ਜਾਣਨ ਵਾਲਾ ਹੈ (ਉਹ ਬਾਹਰਲੇ ਭੇਖਾਂ ਉੱਦਮਾਂ ਨਾਲ ਨਹੀਂ ਪਤੀਜਦਾ) । ਹੇ ਪੰਡਿਤ! ਮੇਰੀ ਜਿੰਦ ਦਾ ਪਾਤਿਸ਼ਾਹ ਸਭ ਕੁਝ ਜਾਣਦਾ ਹੈ (ਜਿਸ ਨੂੰ ਉਹ ਮਿਲ ਪੈਂਦਾ ਹੈ, ਉਹ ਸਾਰੇ) ਵਿਖਾਵੇ ਦੇ ਬੋਲ ਬੋਲਣੇ ਭੁੱਲ ਜਾਂਦਾ ਹੈ ।੧।ਰਹਾਉ ਦੂਜਾ ।੬।੧੫।

ਮਾਰੂ ਮਹਲਾ ੫ ॥ ਕੋਟਿ ਲਾਖ ਸਰਬ ਕੋ ਰਾਜਾ ਜਿਸੁ ਹਿਰਦੈ ਨਾਮੁ ਤੁਮਾਰਾ ॥ ਜਾ ਕਉ ਨਾਮੁ ਨ ਦੀਆ ਮੇਰੈ ਸਤਿਗੁਰਿ ਸੇ ਮਰਿ ਜਨਮਹਿ ਗਾਵਾਰਾ ॥੧॥ ਮੇਰੇ ਸਤਿਗੁਰ ਹੀ ਪਤਿ ਰਾਖੁ ॥ ਚੀਤਿ ਆਵਹਿ ਤਬ ਹੀ ਪਤਿ ਪੂਰੀ ਬਿਸਰਤ ਰਲੀਐ ਖਾਕੁ ॥੧॥ ਰਹਾਉ ॥ ਰੂਪ ਰੰਗ ਖੁਸੀਆ ਮਨ ਭੋਗਣ ਤੇ ਤੇ ਛਿਦ੍ਰ ਵਿਕਾਰਾ ॥ ਹਰਿ ਕਾ ਨਾਮੁ ਨਿਧਾਨੁ ਕਲਿਆਣਾ ਸੂਖ ਸਹਜੁ ਇਹੁ ਸਾਰਾ ॥੨॥ ਮਾਇਆ ਰੰਗ ਬਿਰੰਗ ਖਿਨੈ ਮਹਿ ਜਿਉ ਬਾਦਰ ਕੀ ਛਾਇਆ ॥ ਸੇ ਲਾਲ ਭਏ ਗੂੜੈ ਰੰਗਿ ਰਾਤੇ ਜਿਨ ਗੁਰ ਮਿਲਿ ਹਰਿ ਹਰਿ ਗਾਇਆ ॥੩॥ ਊਚ ਮੂਚ ਅਪਾਰ ਸੁਆਮੀ ਅਗਮ ਦਰਬਾਰਾ ॥ ਨਾਮੋ ਵਡਿਆਈ ਸੋਭਾ ਨਾਨਕ ਖਸਮੁ ਪਿਆਰਾ ॥੪॥੭॥੧੬॥ {ਪੰਨਾ ੧੦੦੩}

ਪਦ ਅਰਥ :—ਕੋਟਿ—ਕ੍ਰੋੜ । ਕੋ—ਦਾ । ਰਾਜਾ—(ਦਿਲ ਉੱਤੇ) ਹਕੂਮਤ ਕਰਨ ਵਾਲਾ । ਹਿਰਦੈ—ਹਿਰਦੇ ਵਿਚ । ਮੇਰੈ ਸਤਿਗੁਰਿ—ਮੇਰੇ ਗੁਰੂ ਨੇ । ਜਾ ਕਉ—ਜਿਨ੍ਹਾਂ ਨੂੰ । ਸੇ—ਉਹ ਬੰਦੇ । ਮਰਿ ਜਨਮਹਿ—ਮਰ ਕੇ ਜੰਮਦੇ ਹਨ, ਜਨਮ ਮਰਨ ਦੇ ਗੇੜ ਵਿਚ ਪਏ ਰਹਿੰਦੇ ਹਨ । ਗਾਵਾਰਾ—ਮੂਰਖ ।੧।

ਸਤਿਗੁਰ—ਹੇ ਗੁਰੂ! ਹੀ—(ਤੂੰ) ਹੀ । ਪਤਿ ਰਾਖੁ—ਇੱਜ਼ਤ ਦਾ ਰਾਖਾ । ਚੀਤਿ—ਚਿੱਤ ਵਿਚ । ਆਵਹਿ—ਜੇ ਤੂੰ ਆ ਵੱਸੇਂ । ਪੂਰੀ—ਪੂਰਨ । ਰਲੀਐ ਖਾਕੁ—ਮਿੱਟੀ ਵਿਚ ਰਲ ਜਾਈਦਾ ਹੈ ।੧।ਰਹਾਉ।

ਮਨ ਭੋਗਣ—ਮਨ ਦੇ ਭੋਗ, ਮਨ ਦੀਆਂ ਮੌਜਾਂ । ਤੇ ਤੇ—ਉਹ ਸਾਰੇ । ਛਿਦ੍ਰ—ਐਬ, ਛੇਕ (ਆਤਮਕ ਜੀਵਨ ਵਿਚ) । ਨਿਧਾਨੁ—ਖ਼ਜ਼ਾਨਾ । ਕਲਿਆਣ—ਸੁਖ-ਸਾਂਦ । ਸਹਜੁ—ਆਤਮਕ ਅਡੋਲਤਾ । ਸਾਰਾ—ਸ੍ਰੇਸ਼ਟ ।੨।

ਬਿਰੰਗ—ਬੇ-ਰੰਗ, ਫਿੱਕੇ । ਬਾਦਰ—ਬੱਦਲ । ਛਾਇਆ—ਛਾਂ । ਗੂੜੈ ਰੰਗਿ—ਗੂੜ੍ਹੇ ਰੰਗ ਵਿਚ । ਰਾਤੇ—ਰੰਗੇ ਹੋਏ । ਗੁਰ ਮਿਲਿ—ਗੁਰੂ ਨੂੰ ਮਿਲ ਕੇ ।੩।

ਮੂਚ—ਵੱਡਾ । ਅਪਾਰ—ਬੇਅੰਤ, ਅ-ਪਾਰ । ਅਗਮ—ਅਪਹੁੰਚ । ਨਾਮੋ—ਨਾਮ ਹੀ । ਨਾਨਕ—ਹੇ ਨਾਨਕ! ।੪।

ਅਰਥ :—ਹੇ ਮੇਰੇ ਸਤਿਗੁਰੂ! ਤੂੰ ਹੀ (ਮੇਰੀ) ਇੱਜ਼ਤ ਦਾ ਰਾਖਾ ਹੈਂ । ਹੇ ਪ੍ਰਭੂ! ਜਦੋਂ ਤੂੰ (ਅਸਾਂ ਜੀਵਾਂ ਦੇ) ਚਿੱਤ ਵਿਚ ਆ ਵੱਸੇਂ ਤਦੋਂ ਹੀ (ਸਾਨੂੰ ਲੋਕ

ਪਰਲੋਕ ਵਿਚ) ਪੂਰਨ ਇੱਜ਼ਤ ਮਿਲਦੀ ਹੈ । (ਤੇਰਾ ਨਾਮ) ਭੁੱਲਿਆਂ ਮਿੱਟੀ ਵਿਚ ਰਲ ਜਾਈਦਾ ਹੈ ।੧।ਰਹਾਉ।

ਹੇ ਪ੍ਰਭੂ! ਜਿਸ ਮਨੁੱਖ ਦੇ ਹਿਰਦੇ ਵਿਚ ਤੇਰਾ ਨਾਮ ਵੱਸਦਾ ਹੈ ਉਹ ਲੱਖਾਂ ਕ੍ਰੋੜਾਂ (ਬੰਦਿਆਂ) ਸਭਨਾਂ ਲੋਕਾਂ (ਦੇ ਦਿਲ) ਦਾ ਰਾਜਾ ਬਣ ਜਾਂਦਾ ਹੈ । ਹੇ ਭਾਈ! ਜਿਨ੍ਹਾਂ ਮਨੁੱਖਾਂ ਨੂੰ ਮੇਰੇ ਸਤਿਗੁਰੂ ਨੇ ਪਰਮਾਤਮਾ ਦਾ ਨਾਮ ਨਹੀਂ ਦਿੱਤਾ, ਉਹ ਜਨਮ ਮਰਨ ਦੇ ਗੇੜ ਵਿਚ ਪਏ ਰਹਿੰਦੇ ਹਨ ।੧।

ਹੇ ਭਾਈ! ਦੁਨੀਆ ਦੇ ਸਾਰੇ ਰੂਪ ਰੰਗ ਖ਼ੁਸ਼ੀਆਂ, ਮਨ ਦੀਆਂ ਮੌਜਾਂ ਤੇ ਹੋਰ ਵਿਕਾਰ—ਇਹ ਸਾਰੇ ਹੀ (ਆਤਮਕ ਜੀਵਨ ਵਿਚ) ਛੇਕ ਹਨ । ਹੇ ਭਾਈ! ਪਰਮਾਤਮਾ ਦਾ ਨਾਮ (ਹੀ) ਸਾਰੇ ਸੁਖਾਂ ਦਾ ਸਾਰੀਆਂ ਖ਼ੁਸ਼ੀਆਂ ਦਾ ਖ਼ਜ਼ਾਨਾ ਹੈ; ਇਹ ਨਾਮ ਹੀ ਸ੍ਰੇਸ਼ਟ (ਪਦਾਰਥ) ਹੈ ਅਤੇ ਆਤਮਕ ਅਡੋਲਤਾ (ਦਾ ਮੂਲ) ਹੈ ।੨।

ਹੇ ਭਾਈ! ਜਿਵੇਂ ਬੱਦਲਾਂ ਦੀ ਛਾਂ (ਛਿਨ-ਭੰਗਰ ਹੈ, ਤਿਵੇਂ) ਮਾਇਆ ਦੇ ਰੰਗ-ਤਮਾਸ਼ੇ ਖਿਨ ਵਿਚ ਫਿੱਕੇ ਪੈ ਜਾਂਦੇ ਹਨ; ਪਰ, ਹੇ ਭਾਈ! ਜਿਨ੍ਹਾਂ ਨੇ ਗੁਰੂ ਨੂੰ ਮਿਲ ਕੇ ਪਰਮਾਤਮਾ ਦੀ ਸਿਫ਼ਤਿ-ਸਾਲਾਹ ਕੀਤੀ, ਉਹ ਲਾਲ ਹੋ ਗਏ, ਉਹ ਗੂੜ੍ਹੇ ਪ੍ਰੇਮ-ਰੰਗ ਵਿਚ ਰੰਗੇ ਗਏ (ਉਹਨਾਂ ਦਾ ਆਤਮਕ ਆਨੰਦ ਫਿੱਕਾ ਨਹੀਂ ਪੈਂਦਾ) ।੩।

ਹੇ ਨਾਨਕ! ਜਿਨ੍ਹਾਂ ਨੂੰ ਖਸਮ-ਪ੍ਰਭੂ ਪਿਆਰਾ ਲੱਗਦਾ ਹੈ, ਉਹਨਾਂ ਵਾਸਤੇ ਹਰਿ-ਨਾਮ ਹੀ (ਦੁਨੀਆ ਦੀ) ਵਡਿਆਈ ਹੈ, ਨਾਮ ਹੀ (ਲੋਕ ਪਰਲੋਕ ਦੀ) ਸੋਭਾ ਹੈ, ਉਹ ਉਸ ਮਾਲਕ ਦੇ ਦਰਬਾਰ ਵਿਚ ਪਹੁੰਚੇ ਰਹਿੰਦੇ ਹਨ ਜੋ ਸਭ ਤੋਂ ਉੱਚਾ ਹੈ ਜੋ ਸਭ ਤੋਂ ਵੱਡਾ ਹੈ ਜੋ ਬੇਅੰਤ ਹੈ ਤੇ ਅਪਹੁੰਚ ਹੈ ।੪।੭।੧੬।

ਮਾਰੂ ਮਹਲਾ ੫ ਘਰੁ ੪

ੴ ਸਤਿਗੁਰ ਪ੍ਰਸਾਦਿ ॥ ਓਅੰਕਾਰਿ ਉਤਪਾਤੀ ॥ ਕੀਆ ਦਿਨਸੁ ਸਭ ਰਾਤੀ ॥ ਵਣੁ ਤ੍ਰਿਣੁ ਤ੍ਰਿਭਵਣ ਪਾਣੀ ॥ ਚਾਰਿ ਬੇਦ ਚਾਰੇ ਖਾਣੀ ॥ ਖੰਡ ਦੀਪ ਸਭਿ ਲੋਆ ॥ ਏਕ ਕਵਾਵੈ ਤੇ ਸਭਿ ਹੋਆ ॥੧॥ ਕਰਣੈਹਾਰਾ ਬੂਝਹੁ ਰੇ ॥ ਸਤਿਗੁਰੁ ਮਿਲੈ ਤ ਸੂਝੈ ਰੇ ॥੧॥ ਰਹਾਉ ॥ ਤ੍ਰੈ ਗੁਣ ਕੀਆ ਪਸਾਰਾ ॥ ਨਰਕ ਸੁਰਗ ਅਵਤਾਰਾ ॥ ਹਉਮੈ ਆਵੈ ਜਾਈ ॥ ਮਨੁ ਟਿਕਣੁ ਨ ਪਾਵੈ ਰਾਈ ॥ ਬਾਝੁ ਗੁਰੂ ਗੁਬਾਰਾ ॥ ਮਿਲਿ ਸਤਿਗੁਰ ਨਿਸਤਾਰਾ ॥੨॥ ਹਉ ਹਉ ਕਰਮ ਕਮਾਣੇ ॥ ਤੇ ਤੇ ਬੰਧ ਗਲਾਣੇ ॥ ਮੇਰੀ ਮੇਰੀ ਧਾਰੀ ॥ ਓਹਾ ਪੈਰਿ ਲੋਹਾਰੀ ॥ ਸੋ ਗੁਰ ਮਿਲਿ ਏਕੁ ਪਛਾਣੈ ॥ ਜਿਸੁ ਹੋਵੈ ਭਾਗੁ ਮਥਾਣੈ ॥੩॥ ਸੋ ਮਿਲਿਆ ਜਿ ਹਰਿ ਮਨਿ ਭਾਇਆ ॥ ਸੋ ਭੂਲਾ ਜਿ ਪ੍ਰਭੂ ਭੁਲਾਇਆ ॥ ਨਹ ਆਪਹੁ ਮੂਰਖੁ ਗਿਆਨੀ ॥ ਜਿ ਕਰਾਵੈ ਸੁ ਨਾਮੁ ਵਖਾਨੀ ॥ ਤੇਰਾ ਅੰਤੁ ਨ ਪਾਰਾਵਾਰਾ ॥ ਜਨ ਨਾਨਕ ਸਦ ਬਲਿਹਾਰਾ ॥੪॥੧॥੧੭॥ {ਪੰਨਾ ੧੦੦੩-੧੦੦੪}

ਪਦ ਅਰਥ :—ਓਅੰਕਾਰਿ—ਓਅੰਕਾਰ ਨੇ, ਸਰਬ-ਵਿਆਪਕ ਪਰਮਾਤਮਾ ਨੇ । ਉਤਪਤੀ—ਉਤਪੱਤੀ, ਸ੍ਰਿਸ਼ਟੀ ਦੀ ਰਚਨਾ । ਕੀਆ—ਬਣਾਇਆ । ਰਾਤੀ—ਰਾਤਾਂ । ਵਣੁ—ਜੰਗਲ । ਤ੍ਰਿਣੁ—ਤੀਲਾ, ਘਾਹ । ਤ੍ਰਿਭਵਣ—ਤਿੰਨੇ ਭਵਨ {ਆਕਾਸ਼, ਮਾਤਲੋਕ, ਪਾਤਾਲ} । ਚਾਰੇ ਖਾਣੀ—ਚਾਰ ਹੀ ਖਾਣੀਆਂ, ਚਾਰੇ ਹੀ ਉਤਪੱਤੀ ਦੇ ਵਸੀਲੇ {ਅੰਡਜ, ਜੇਰਜ, ਉਤਭੁਜ, ਸੇਤਜ} । ਖੰਡ—ਸ੍ਰਿਸ਼ਟੀ ਦੇ ਹਿੱਸੇ । ਦੀਪ—ਜਜ਼ੀਰੇ । ਸਭਿ—ਸਾਰੇ । ਲੋਆ—ਲੋਕ, ਮੰਡਲ । ਕਵਾਉ—ਬਚਨ, ਹੁਕਮ । ਤੇ—ਤੋਂ । ਏਕ ਕਵਾਵੈ ਤੇ—ਇਕ ਪਰਮਾਤਮਾ ਦੇ ਹੁਕਮ ਨਾਲ ਹੀ ।੧।

ਰੇ—ਹੇ ਭਾਈ! ਬੂਝਹੁ—ਜਾਣ-ਪਛਾਣ ਪੈਦਾ ਕਰੋ । ਤ—ਤਾਂ, ਤਦੋਂ । ਸੂਝੈ—ਸਮਝ ਪੈਂਦੀ ਹੈ ।੧।ਰਹਾਉ।

ਪਸਾਰਾ—ਖਿਲਾਰਾ । ਅਵਤਾਰਾ—ਜੰਮਣ । ਆਵੈ ਜਾਈ—ਆਉਂਦਾ ਹੈ ਜਾਂਦਾ ਹੈ, ਭਟਕਦਾ ਫਿਰਦਾ ਹੈ । ਰਾਈ—ਰਤਾ ਭਰ ਭੀ । ਗੁਬਾਰਾ—ਹਨੇਰਾ । ਮਿਲਿ ਸਤਿਗੁਰ—ਗੁਰੂ ਨੂੰ ਮਿਲ ਕੇ । ਨਿਸਤਾਰਾ—ਪਾਰ-ਉਤਾਰਾ ।੨।

ਹਉ ਹਉ—ਮੈਂ ਮੈਂ, ਮੈਂ ਵੱਡਾ ਹਾਂ ਮੈਂ ਵੱਡਾ ਹਾਂ । ਕਰਮ—ਕੰਮ । ਤੇ ਤੇ—ਉਹ ਸਾਰੇ । ਬੰਧ—ਬੰਧਨ । ਗਲਾਣੇ—ਗਲ ਵਿਚ । ਮੇਰੀ ਮੇਰੀ—ਮਮਤਾ । ਧਾਰੀ—ਹਿਰਦੇ ਵਿਚ ਵਸਾਈ । ਓਹਾ—ਉਹ ਮਮਤਾ ਹੀ । ਪੈਰਿ—ਪੈਰ ਵਿਚ । ਲੋਹਾਰੀ—ਲੋਹੇ ਦੀ ਬੇੜੀ । ਏਕੁ—ਇਕ ਪਰਮਾਤਮਾ ਨੂੰ । ਪਛਾਣੈ—ਡੂੰਘੀ ਸਾਂਝ ਪਾਂਦਾ ਹੈ । ਜਿਸੁ ਮਥਾਣੈ—ਜਿਸ ਦੇ ਮੱਥੇ ਉਤੇ । ਭਾਗੁ—ਚੰਗੀ ਕਿਸਮਤ ।੩।

ਜਿ—ਜਿਹੜਾ ਮਨੁੱਖ । ਮਨਿ—ਮਨ ਵਿਚ । ਭੂਲਾ—ਕੁਰਾਹੇ ਪੈ ਗਿਆ । ਭੁਲਾਇਆ—ਕੁਰਾਹੇ ਪਾ ਦਿੱਤਾ । ਆਪਹੁ—ਆਪਣੇ ਆਪ ਤੋਂ । ਗਿਆਨੀ—ਆਤਮਕ ਜੀਵਨ ਦੀ ਸੂਝ ਵਾਲਾ, ਸਿਆਣਾ । ਜਿ—ਜੋ ਕੁਝ । ਸੁ—ਉਹ, ਉਹੋ ਜਿਹਾ । ਵਖਾਨੀ—ਆਖਿਆ ਜਾਂਦਾ ਹੈ । ਨਾਮ ਵਖਾਨੀ—ਨਾਮ ਪੈ ਜਾਂਦਾ ਹੈ । ਸਦ—ਸਦਾ ।੪।

ਅਰਥ :—ਹੇ ਭਾਈ! ਸਿਰਜਣਹਾਰ ਪ੍ਰਭੂ ਨਾਲ ਡੂੰਘੀ ਸਾਂਝ ਪਾ । ਪਰ, ਹੇ ਭਾਈ! ਜਦੋਂ ਗੁਰੂ ਮਿਲ ਪਏ ਤਦੋਂ ਹੀ ਇਹ ਸੂਝ ਪੈਂਦੀ ਹੈ ।੧।ਰਹਾਉ।

ਹੇ ਭਾਈ! ਸਰਬ-ਵਿਆਪਕ ਪਰਮਾਤਮਾ ਨੇ ਜਗਤ ਦੀ ਉਤਪੱਤੀ ਕੀਤੀ ਹੈ; ਦਿਨ ਭੀ ਉਸ ਨੇ ਬਣਾਇਆ; ਰਾਤਾਂ ਭੀ ਉਸੇ ਨੇ ਬਣਾਈਆਂ, ਸਭ ਕੁਝ ਉਸੇ ਨੇ ਬਣਾਇਆ ਹੈ । ਹੇ ਭਾਈ! ਜੰਗਲ, (ਜੰਗਲ ਦਾ) ਘਾਹ, ਤਿੰਨੇ ਭਵਨ, ਪਾਣੀ (ਆਦਿਕ ਸਾਰੇ ਤੱਤ), ਚਾਰ ਵੇਦ, ਚਾਰ ਹੀ ਖਾਣੀਆਂ, ਸ੍ਰਿਸ਼ਟੀ ਦੇ ਵਖ ਵਖ ਹਿੱਸੇ, ਟਾਪੂ, ਸਾਰੇ ਲੋਕ—ਇਹ ਸਾਰੇ ਪਰਮਾਤਮਾ ਦੇ ਹੁਕਮ ਨਾਲ ਹੀ ਬਣੇ ਹਨ ।੧।

ਹੇ ਭਾਈ! ਪਰਮਾਤਮਾ ਨੇ ਹੀ ਤ੍ਰੈ-ਗੁਣੀ ਮਾਇਆ ਦਾ ਖਿਲਾਰਾ ਰਚਿਆ ਹੈ, ਕੋਈ ਨਰਕਾਂ ਵਿਚ ਹਨ, ਕੋਈ ਸੁਰਗਾਂ ਵਿਚ ਹਨ । ਹਉਮੈ ਦੇ ਕਾਰਨ ਜੀਵ ਭਟਕਦਾ ਫਿਰਦਾ ਹੈ, (ਜੀਵ ਦਾ) ਮਨ ਰਤਾ ਭਰ ਭੀ ਨਹੀਂ ਟਿਕਦਾ । ਗੁਰੂ ਤੋਂ ਬਿਨਾ (ਜਗਤ ਵਿਚ ਆਤਮਕ ਜੀਵਨ ਵਲੋਂ) ਹਨੇਰਾ (ਹੀ ਹਨੇਰਾ) ਹੈ । ਗੁਰੂ ਨੂੰ ਮਿਲ ਕੇ (ਹੀ ਇਸ ਹਨੇਰੇ ਵਿਚੋਂ) ਪਾਰ ਲੰਘੀਦਾ ਹੈ ।੨।

ਹੇ ਭਾਈ! ਹਉਮੈ ਦੇ ਆਸਰੇ ਜੀਵ (ਅਨੇਕਾਂ) ਕਰਮ ਕਰਦੇ ਹਨ, ਉਹ ਸਾਰੇ ਕਰਮ (ਜੀਵਾਂ ਦੇ) ਗਲ ਵਿਚ ਫਾਹੀਆਂ ਬਣ ਜਾਂਦੇ ਹਨ । ਜੀਵ ਆਪਣੇ ਹਿਰਦੇ ਵਿਚ ਮਮਤਾ ਵਸਾਈ ਰੱਖਦਾ ਹੈ, ਉਹ ਮਮਤਾ ਹੀ ਜੀਵ ਦੇ ਪੈਰ ਵਿਚ ਲੋਹੇ ਦੀ ਬੇੜੀ ਬਣ ਜਾਂਦੀ ਹੈ । ਹੇ ਭਾਈ! ਜਿਸ ਮਨੁੱਖ ਦੇ ਮੱਥੇ ਉਤੇ ਭਾਗ ਜਾਗ

ਪੈਂਦਾ ਹੈ, ਉਹ ਗੁਰੂ ਨੂੰ ਮਿਲ ਕੇ ਇਕ ਪਰਮਾਤਮਾ ਨਾਲ ਡੂੰਘੀ ਸਾਂਝ ਪਾ ਲੈਂਦਾ ਹੈ ।੩।

ਹੇ ਭਾਈ! ਉਹੀ ਮਨੁੱਖ ਪ੍ਰਭੂ-ਚਰਨਾਂ ਵਿਚ ਜੁੜਦਾ ਹੈ ਜਿਹੜਾ ਪ੍ਰਭੂ ਦੇ ਮਨ ਵਿਚ ਪਿਆਰਾ ਲੱਗਦਾ ਹੈ; ਉਹੀ ਮਨੁੱਖ ਕੁਰਾਹੇ ਪੈਂਦਾ ਹੈ ਜਿਸ ਨੂੰ ਪ੍ਰਭੂ ਆਪ ਕੁਰਾਹੇ ਪਾਂਦਾ ਹੈ । ਆਪਣੇ ਆਪ ਤੋਂ ਨਾਹ ਕੋਈ ਮੂਰਖ ਹੈ ਨਾਹ ਕੋਈ ਸਿਆਣਾ ਹੈ । ਪਰਮਾਤਮਾ ਜੋ ਕੁਝ ਜੀਵ ਪਾਸੋਂ ਕਰਾਂਦਾ ਹੈ ਉਸ ਦੇ ਅਨੁਸਾਰ ਹੀ ਉਸ ਦਾ ਨਾਮ (ਮੂਰਖ ਜਾਂ ਗਿਆਨੀ) ਪੈ ਜਾਂਦਾ ਹੈ ।

ਹੇ ਦਾਸ ਨਾਨਕ! (ਆਖ—ਹੇ ਪ੍ਰਭੂ!) ਤੇਰੇ ਗੁਣਾਂ ਦਾ ਅੰਤ ਨਹੀਂ ਪੈ ਸਕਦਾ, ਤੇਰੀ ਹਸਤੀ ਦਾ ਉਰਲਾ ਪਾਰਲਾ ਬੰਨਾ ਨਹੀਂ ਲੱਭ ਸਕਦਾ । ਮੈਂ ਤੈਥੋਂ ਸਦਾ ਸਦਕੇ ਜਾਂਦਾ ਹਾਂ ।੪।੧।੧੭।

ਮਾਰੂ ਮਹਲਾ ੫ ॥ ਮੋਹਨੀ ਮੋਹਿ ਲੀਏ ਤ੍ਰੈ ਗੁਨੀਆ ॥ ਲੋਭਿ ਵਿਆਪੀ ਝੂਠੀ ਦੁਨੀਆ ॥ ਮੇਰੀ ਮੇਰੀ ਕਰਿ ਕੈ ਸੰਚੀ ਅੰਤ ਕੀ ਬਾਰ ਸਗਲ ਲੇ ਛਲੀਆ ॥੧॥ ਨਿਰਭਉ ਨਿਰੰਕਾਰੁ ਦਇਅਲੀਆ ॥ ਜੀਅ ਜੰਤ ਸਗਲੇ ਪ੍ਰਤਿਪਲੀਆ ॥੧॥ ਰਹਾਉ ॥ ਏਕੈ ਸ੍ਰਮੁ ਕਰਿ ਗਾਡੀ ਗਡਹੈ ॥ ਏਕਹਿ ਸੁਪਨੈ ਦਾਮੁ ਨ ਛਡਹੈ ॥ ਰਾਜੁ ਕਮਾਇ ਕਰੀ ਜਿਨਿ ਥੈਲੀ ਤਾ ਕੈ ਸੰਗਿ ਨ ਚੰਚਲਿ ਚਲੀਆ ॥੨॥ ਏਕਹਿ ਪ੍ਰਾਣ ਪਿੰਡ ਤੇ ਪਿਆਰੀ ॥ ਏਕ ਸੰਚੀ ਤਜਿ ਬਾਪ ਮਹਤਾਰੀ ॥ ਸੁਤ ਮੀਤ ਭ੍ਰਾਤ ਤੇ ਗੁਹਜੀ ਤਾ ਕੈ ਨਿਕਟਿ ਨ ਹੋਈ ਖਲੀਆ ॥੩॥ ਹੋਇ ਅਉਧੂਤ ਬੈਠੇ ਲਾਇ ਤਾਰੀ ॥ ਜੋਗੀ ਜਤੀ ਪੰਡਿਤ ਬੀਚਾਰੀ ॥ ਗ੍ਰਿਹਿ ਮੜੀ ਮਸਾਣੀ ਬਨ ਮਹਿ ਬਸਤੇ ਉਠਿ ਤਿਨਾ ਕੈ ਲਾਗੀ ਪਲੀਆ ॥੪॥ ਕਾਟੇ ਬੰਧਨ ਠਾਕੁਰਿ ਜਾ ਕੇ ॥ ਹਰਿ ਹਰਿ ਨਾਮੁ ਬਸਿਓ ਜੀਅ ਤਾ ਕੈ ॥ ਸਾਧ ਸੰਗਿ ਭਏ ਜਨ ਮੁਕਤੇ ਗਤਿ ਪਾਈ ਨਾਨਕ ਨਦਰਿ ਨਿਹਲੀਆ ॥੫॥੨॥੧੮॥ {ਪੰਨਾ ੧੦੦੪}

ਪਦ ਅਰਥ :—ਮੋਹਨੀ—ਮੋਹ ਲੈਣ ਵਾਲੀ (ਮਾਇਆ) ਨੇ । ਮੋਹਿ ਲੀਏ—ਭਰਮਾ ਲਏ ਹਨ । ਤ੍ਰੈਗੁਨੀਆ—ਮਾਇਆ ਦੇ ਤਿੰਨ ਗੁਣਾਂ ਵਾਲੇ ਜੀਵ । ਲੋਭਿ—ਲੋਭ ਵਿਚ । ਵਿਆਪੀ—ਫਸੀ ਹੋਈ ਹੈ । ਝੂਠੀ ਦੁਨੀਆ ਲੋਭਿ—ਨਾਸਵੰਤ ਜਗਤ ਦੇ ਲੋਭ ਵਿਚ । ਸੰਚੀ—ਇਕੱਠੀ ਕੀਤੀ । ਸਗਲ—ਸਾਰੇ । ਛਲੀਆ—ਠੱਗ ਲਏ ।੧।

ਦਇਅਲੀਆ—ਦਇਆਲ । ਪ੍ਰਤਿਪਲੀਆ—ਪਾਲਦਾ ਹੈ ।੧।ਰਹਾਉ।

ਏਕੈ—ਇਕ (ਜੀਵ) ਨੇ । ਸ੍ਰਮੁ—ਮਿਹਨਤ । ਗਾਡੀ—ਦੱਬ ਦਿੱਤੀ । ਗਡਹੈ—ਗੜ੍ਹੇ ਵਿਚ, ਟੋਏ ਵਿਚ । ਸੁਪਨੈ—ਸੁਪਨੇ ਵਿਚ (ਭੀ) । ਦਾਮੁ—ਪੈਸਾ, ਧਨ । ਜਿਨਿ—ਜਿਸ ਨੇ । ਸੰਗਿ—ਨਾਲ । ਚੰਚਲਿ—ਕਿਸੇ ਇੱਕ ਥਾਂ ਟਿਕ ਨਾ ਸਕਣ ਵਾਲੀ ।੨।

ਪ੍ਰਾਣ ਪਿੰਡ ਤੇ—ਪ੍ਰਾਣ ਤੇ ਪਿੰਡ ਤੇ, ਜਿੰਦ ਤੋਂ ਸਰੀਰ ਤੋਂ । ਤਜਿ—ਛੱਡ ਕੇ । ਮਹਤਾਰੀ—ਮਾਂ । ਸੁਤ—ਪੁੱਤਰ । ਭ੍ਰਾਤ—ਭਰਾ । ਤੇ—ਤੋਂ । ਗੁਹਜੀ—ਲੁਕਾ ਰੱਖੀ । ਨਿਕਟਿ—ਨੇੜੇ ।੩।

ਅਉਧੂਤ—ਤਿਆਗੀ । ਤਾਰੀ—ਤਾੜੀ, ਸਮਾਧੀ । ਬੀਚਾਰੀ—ਵਿਚਾਰਵਾਨ । ਗ੍ਰਿਹਿ—ਘਰ ਵਿਚ । ਮਸਾਣੀ—ਮਸਾਣਾਂ ਵਿਚ । ਬਨ—ਜੰਗਲ । ਉਠਿ—ਉੱਠ ਕੇ । ਪਲੀਆ—ਪੱਲੇ ।੪।

ਠਾਕੁਰ—ਠਾਕੁਰ ਨੇ । ਜਾ ਕੇ—ਜਿਨ੍ਹਾਂ ਦੇ । ਜੀਅ ਤਾ ਕੈ—ਉਹਨਾਂ ਦੇ ਚਿੱਤ ਵਿਚ । ਸਾਧ ਸੰਗਿ—ਗੁਰੂ ਦੀ ਸੰਗਤਿ ਵਿਚ । ਮੁਕਤ—ਮਾਇਆ ਦੇ ਬੰਧਨਾਂ ਤੋਂ ਆਜ਼ਾਦ । ਗਤਿ—ਉੱਚੀ ਆਤਮਕ ਅਵਸਥਾ । ਨਦਰਿ—ਮਿਹਰ ਦੀ ਨਿਗਾਹ ਨਾਲ । ਨਿਹਲੀਆ—ਵੇਖਦਾ ਹੈ ।੫।

ਅਰਥ :—ਹੇ ਭਾਈ! ਜਿਹੜਾ ਪਰਮਾਤਮਾ ਡਰ-ਰਹਿਤ ਹੈ, ਜਿਸ ਦਾ ਕੋਈ ਖ਼ਾਸ ਸਰੂਪ ਦੱਸਿਆ ਨਹੀਂ ਜਾ ਸਕਦਾ, ਜੋ ਦਇਆ ਦਾ ਘਰ ਹੈ, ਉਹ ਸਾਰੇ ਜੀਵਾਂ ਦੀ ਪਾਲਣਾ ਕਰਦਾ ਹੈ ।੧।ਰਹਾਉ।

(ਹੇ ਭਾਈ! ਉਸ ਪਰਮਾਤਮਾ ਦੀ ਪੈਦਾ ਕੀਤੀ ਹੋਈ) ਮੋਹਨੀ ਮਾਇਆ ਦੇ ਸਾਰੇ ਤ੍ਰਿ-ਗੁਣੀ ਜੀਵਾਂ ਨੂੰ ਆਪਣੇ ਵੱਸ ਵਿਚ ਕੀਤਾ ਹੋਇਆ ਹੈ, ਸਾਰੀ ਲੁਕਾਈ ਨਾਸਵੰਤ ਦੁਨੀਆ ਦੇ ਲੋਭ ਵਿਚ ਫਸੀ ਹੋਈ ਹੈ । ਸਾਰੇ ਜੀਵ (ਇਸ ਮਾਇਆ ਦੀ) ਮਮਤਾ ਵਿਚ ਫਸ ਕੇ (ਇਸ ਨੂੰ) ਇਕੱਠੀ ਕਰਦੇ ਹਨ, ਪਰ ਅਖ਼ੀਰਲੇ ਵੇਲੇ ਇਹ ਸਭ ਨੂੰ ਧੋਖਾ ਦੇ ਜਾਂਦੀ ਹੈ ।੧।

ਹੇ ਭਾਈ! ਕੋਈ ਤਾਂ ਐਸਾ ਹੈ ਜੋ ਬੜੀ ਮਿਹਨਤ ਨਾਲ ਕਮਾ ਕੇ ਧਰਤੀ ਵਿਚ ਦੱਬ ਰੱਖਦਾ ਹੈ; ਕੋਈ ਐਸਾ ਹੈ ਜੋ ਸੁਪਨੇ ਵਿਚ (ਭੀ, ਭਾਵ, ਕਦੇ ਭੀ ਇਸ ਨੂੰ) ਹੱਥੋਂ ਨਹੀਂ ਛੱਡਦਾ । ਜਿਸ ਮਨੁੱਖ ਨੇ ਹਕੂਮਤ ਕਰ ਕੇ ਖ਼ਜ਼ਾਨਾ ਜੋੜ ਲਿਆ; ਇਹ ਕਦੇ ਇੱਕ ਥਾਂ ਨਾਹ ਟਿਕਣ ਵਾਲੀ ਮਾਇਆ ਉਸ ਦੇ ਨਾਲ ਭੀ ਨਹੀਂ ਜਾਂਦੀ ।੨।

ਹੇ ਭਾਈ! ਕੋਈ ਅਜਿਹਾ ਮਨੁੱਖ ਹੈ ਜਿਸ ਨੂੰ ਇਹ ਮਾਇਆ ਜਿੰਦ ਨਾਲੋਂ ਸਰੀਰ ਨਾਲੋਂ ਭੀ ਵਧੀਕ ਪਿਆਰੀ ਲੱਗਦੀ ਹੈ । ਕੋਈ ਐਸਾ ਹੈ ਜੋ ਮਾਪਿਆਂ ਦਾ ਸਾਥ ਛੱਡ ਕੇ ਇਕੱਠੀ ਕਰਦਾ ਹੈ; ਪੁੱਤਰਾਂ ਮਿੱਤਰਾਂ ਭਰਾਵਾਂ ਤੋਂ ਲੁਕਾ ਕੇ ਰੱਖਦਾ ਹੈ, ਪਰ ਇਹ ਉਸ ਦੇ ਕੋਲ ਭੀ ਨਹੀਂ ਖਲੋਂਦੀ ।੩।

ਹੇ ਭਾਈ! ਕਈ ਐਸੇ ਹਨ ਜੋ ਤਿਆਗੀ ਬਣ ਕੇ ਸਮਾਧੀ ਲਾ ਕੇ ਬੈਠਦੇ ਹਨ; ਕਈ ਜੋਗੀ ਹਨ ਜਤੀ ਹਨ ਸਿਆਣੇ ਪੰਡਿਤ ਹਨ; (ਪੰਡਿਤ) ਘਰ ਵਿਚ, (ਤਿਆਗੀ) ਮੜ੍ਹੀਆਂ ਮਸਾਣਾਂ ਵਿਚ ਜੰਗਲਾਂ ਵਿਚ ਟਿਕੇ ਰਹਿੰਦੇ ਹਨ, ਪਰ ਇਹ ਮਾਇਆ ਉੱਠ ਕੇ ਉਹਨਾਂ ਨੂੰ ਭੀ ਚੰਬੜ ਜਾਂਦੀ ਹੈ ।੪।

ਹੇ ਭਾਈ! ਮਾਲਕ-ਪ੍ਰਭੂ ਨੇ ਜਿਨ੍ਹਾਂ ਮਨੁੱਖਾਂ ਦੇ (ਮਾਇਆ ਦੇ ਮੋਹ ਦੇ) ਬੰਧਨ ਕੱਟ ਦਿੱਤੇ, ਉਹਨਾਂ ਦੇ ਹਿਰਦੇ ਵਿਚ ਪਰਮਾਤਮਾ ਦਾ ਨਾਮ ਸਦਾ ਲਈ ਆ ਟਿਕਿਆ, ਉਹ ਮਨੁੱਖ ਗੁਰੂ ਦੀ ਸੰਗਤਿ ਵਿਚ ਰਹਿ ਕੇ (ਮਾਇਆ ਦੇ ਮੋਹ ਦੀਆਂ ਫਾਹੀਆਂ ਤੋਂ) ਆਜ਼ਾਦ ਹੋ ਗਏ । ਹੇ ਨਾਨਕ! ਪਰਮਾਤਮਾ ਨੇ ਉਹਨਾਂ ਵਲ ਮਿਹਰ ਦੀ ਨਿਗਾਹ ਕੀਤੀ, ਤੇ, ਉਹਨਾਂ ਸਭ ਤੋਂ ਉੱਚੀ ਆਤਮਕ ਅਵਸਥਾ ਪ੍ਰਾਪਤ ਕਰ ਲਈ ।੫।੨।੧੮।

ਮਾਰੂ ਮਹਲਾ ੫ ॥ ਸਿਮਰਹੁ ਏਕੁ ਨਿਰੰਜਨ ਸੋਊ ॥ ਜਾ ਤੇ ਬਿਰਥਾ ਜਾਤ ਨ ਕੋਊ ॥ ਮਾਤ ਗਰਭ ਮਹਿ ਜਿਨਿ ਪ੍ਰਤਿਪਾਰਿਆ ॥ ਜੀਉ ਪਿੰਡੁ ਦੇ ਸਾਜਿ ਸਵਾਰਿਆ ॥ ਸੋਈ ਬਿਧਾਤਾ ਖਿਨੁ ਖਿਨੁ ਜਪੀਐ ॥ ਜਿਸੁ ਸਿਮਰਤ ਅਵਗੁਣ ਸਭਿ ਢਕੀਐ ॥ ਚਰਣ ਕਮਲ ਉਰ ਅੰਤਰਿ ਧਾਰਹੁ ॥ ਬਿਖਿਆ ਬਨ ਤੇ ਜੀਉ ਉਧਾਰਹੁ ॥ ਕਰਣ ਪਲਾਹ ਮਿਟਹਿ ਬਿਲਲਾਟਾ ॥ ਜਪਿ ਗੋਵਿਦ ਭਰਮੁ ਭਉ ਫਾਟਾ ॥ ਸਾਧ ਸੰਗਿ ਵਿਰਲਾ ਕੋ ਪਾਏ ॥ ਨਾਨਕੁ ਤਾ ਕੈ ਬਲਿ ਬਲਿ ਜਾਏ ॥੧॥ ਰਾਮ ਨਾਮੁ ਮਨਿ ਤਨਿ ਆਧਾਰਾ ॥ ਜੋ ਸਿਮਰੈ ਤਿਸ ਕਾ ਨਿਸਤਾਰਾ ॥੧॥ ਰਹਾਉ ॥ {ਪੰਨਾ ੧੦੦੪}

ਪਦ ਅਰਥ :—ਨਿਰੰਜਨ—{ਨਿਰ-ਅੰਜਨ । ਅੰਜਨ—ਮਾਇਆ ਦੇ ਮੋਹ ਦੀ ਕਾਲਖ} ਨਿਰਲੇਪ । ਸੋਊ—ਉਹੀ । ਜਾ ਤੇ—ਜਿਸ (ਦੇ ਦਰ) ਤੋਂ । ਬਿਰਥਾ—ਖ਼ਾਲੀ । ਜਾਤ—ਜਾਂਦਾ । ਗਰਭ—ਪੇਟ । ਜਿਨਿ—ਜਿਸ ਨੇ । ਪ੍ਰਤਿਪਾਰਿਆ—ਪਾਲਣਾ ਕੀਤੀ । ਜੀਉ—ਜਿੰਦ । ਪਿੰਡੁ—ਸਰੀਰ । ਦੇ—ਦੇ ਕੇ । ਸਾਜਿ—ਪੈਦਾ ਕਰ ਕੇ । ਸਵਾਰਿਆ—ਸੋਹਣਾ ਬਣਾਇਆ । ਬਿਧਾਤਾ—ਸਿਰਜਣਹਾਰ । ਜਪੀਐ—ਜਪਣਾ ਚਾਹੀਦਾ ਹੈ । ਸਭਿ—ਸਾਰੇ । ਢਕੀਐ—ਢਕਿਆ ਜਾ ਸਕਦਾ ਹੈ । ਉਰ—ਹਿਰਦਾ । ਅੰਤਰਿ—ਅੰਦਰ । ਬਿਖਿਆ—ਮਾਇਆ । ਬਨ—ਪਾਣੀ । ਤੇ—ਤੋਂ । ਜੀਉ—ਜਿੰਦ । ਉਧਾਰਹੁ—ਬਚਾ ਲਵੋ । ਕਰਣ ਪਲਾਹ—{ਕ{ਣਾਪ੍ਰਲਾਪ} ਕੀਰਨੇ, ਤਰਸ ਪੈਦਾ ਕਰ ਸਕਣ ਵਾਲੇ ਵਿਰਲਾਪ । ਮਿਟਹਿ—{ਬਹੁ-ਵਚਨ} ਮਿਟ ਜਾਂਦੇ ਹਨ । ਬਿਲਲਾਟਾ—ਵਿਰਲਾਪ । ਜਪਿ—ਜਪ ਕੇ । ਭਰਮੁ—ਭਟਕਣਾ । ਫਾਟਾ—ਫਟ ਜਾਂਦਾ ਹੈ । ਕੋ—ਕੋਈ ਮਨੁੱਖ । ਸਾਧ ਸੰਗਿ—ਗੁਰੂ ਦੀ ਸੰਗਤਿ ਵਿਚ । ਨਾਨਕੁ ਬਲਿ ਜਾਏ—ਨਾਨਕ ਸਦਕੇ ਹੁੰਦਾ ਹੈ । ਤਾ ਕੈ—ਉਸ (ਮਨੁੱਖ) ਤੋਂ ।੧।

ਮਨਿ—ਮਨ ਵਿਚ । ਤਨਿ—ਤਨ ਵਿਚ । ਆਧਾਰਾ—ਸਹਾਰਾ । ਤਿਸ ਕਾ—{ਸੰਬੰਧਕ 'ਕਾ' ਦੇ ਕਾਰਨ ਲਫ਼ਜ਼ 'ਤਿਸੁ' ਦਾ ੁ ਉੱਡ ਗਿਆ ਹੈ} । ਨਿਸਤਾਰਾ—ਪਾਰ-ਉਤਾਰਾ ।੧।ਰਹਾਉ।

ਅਰਥ :—ਹੇ ਭਾਈ! ਪਰਮਾਤਮਾ ਦੇ ਨਾਮ ਨੂੰ ਆਪਣੇ ਮਨ ਵਿਚ ਆਪਣੇ ਸਰੀਰ ਵਿਚ (ਆਪਣੀ ਜ਼ਿੰਦਗੀ ਦਾ) ਸਹਾਰਾ ਬਣਾਈ ਰੱਖ । ਜਿਹੜਾ ਮਨੁੱਖ (ਨਾਮ) ਸਿਮਰਦਾ ਹੈ (ਸੰਸਾਰ-ਸਮੁੰਦਰ ਤੋਂ) ਉਸ (ਮਨੁੱਖ) ਦਾ ਪਾਰ-ਉਤਾਰਾ ਹੋ ਜਾਂਦਾ ਹੈ ।੧।ਰਹਾਉ।

ਹੇ ਭਾਈ! ਉਸੇ ਨਿਰਲੇਪ ਪਰਮਾਤਮਾ ਦਾ ਸਿਮਰਨ ਕਰਦੇ ਰਹੋ, ਜਿਸ (ਦੇ ਦਰ) ਤੋਂ ਕੋਈ ਭੀ ਜੀਵ ਖ਼ਾਲੀ ਨਹੀਂ ਜਾਂਦਾ; ਮਾਂ ਦੇ ਪੇਟ ਵਿਚ ਜਿਸ ਨੇ ਪਾਲਣਾ ਕੀਤੀ, ਜਿੰਦ ਤੇ ਸਰੀਰ ਦੇ ਕੇ ਪੈਦਾ ਕਰ ਕੇ ਸੋਹਣਾ ਬਣਾ ਦਿੱਤਾ ।

ਹੇ ਭਾਈ! ਉਸੇ ਸਿਰਜਣਹਾਰ ਨੂੰ ਹਰੇਕ ਖਿਨ ਜਪਣਾ ਚਾਹੀਦਾ ਹੈ, ਜਿਸ ਨੂੰ ਸਿਮਰਦਿਆਂ ਆਪਣੇ ਸਾਰੇ ਔਗੁਣਾਂ ਨੂੰ ਢੱਕ ਸਕੀਦਾ ਹੈ । ਹੇ ਭਾਈ! ਪਰਮਾਤਮਾ ਦੇ ਸੋਹਣੇ ਚਰਨ (ਆਪਣੇ) ਹਿਰਦੇ ਵਿਚ ਵਸਾਈ ਰੱਖੋ, ਤੇ ਇਸ ਤਰ੍ਹਾਂ ਮਾਇਆ (ਸਾਗਰ ਦੇ ਠਾਠਾਂ ਮਾਰ ਰਹੇ) ਪਾਣੀ ਤੋਂ (ਆਪਣੀ) ਜਿੰਦ ਨੂੰ ਬਚਾ ਲਵੋ ।

ਹੇ ਭਾਈ! (ਸਿਮਰਨ ਦੀ ਬਰਕਤਿ ਨਾਲ) ਸਾਰੇ ਕੀਰਨੇ ਤੇ ਵਿਰਲਾਪ ਮਿਟ ਜਾਂਦੇ ਹਨ, ਗੋਬਿੰਦ (ਦਾ ਨਾਮ) ਜਪ ਕੇ ਭਟਕਣਾ ਅਤੇ ਡਰ (ਦਾ ਪੜਦਾ) ਫਟ ਜਾਂਦਾ ਹੈ ।

ਪਰ, ਹੇ ਭਾਈ! ਕੋਈ ਵਿਰਲਾ ਮਨੁੱਖ ਗੁਰੂ ਦੀ ਸੰਗਤਿ ਵਿਚ ਰਹਿ ਕੇ ਨਾਮ ਪ੍ਰਾਪਤ ਕਰਦਾ ਹੈ । ਨਾਨਕ ਉਸ ਮਨੁੱਖ ਤੋਂ ਸਦਾ ਸਦਕੇ ਜਾਂਦਾ ਹੈ ।੧।

ਮਿਥਿਆ ਵਸਤੁ ਸਤਿ ਕਰਿ ਮਾਨੀ ॥ ਹਿਤੁ ਲਾਇਓ ਸਠ ਮੂੜ ਅਗਿਆਨੀ ॥ ਕਾਮ ਕ੍ਰੋਧ ਲੋਭ ਮਦ ਮਾਤਾ ॥ ਕਉਡੀ ਬਦਲੈ ਜਨਮੁ ਗਵਾਤਾ ॥ ਅਪਨਾ ਛੋਡਿ ਪਰਾਇਐ ਰਾਤਾ ॥ ਮਾਇਆ ਮਦ, ਮਨ ਤਨ ਸੰਗਿ ਜਾਤਾ ॥ ਤ੍ਰਿਸਨ ਨ ਬੂਝੈ ਕਰਤ ਕਲੋਲਾ ॥ ਊਣੀ ਆਸ ਮਿਥਿਆ ਸਭਿ ਬੋਲਾ ॥ ਆਵਤ ਇਕੇਲਾ ਜਾਤ ਇਕੇਲਾ ॥ ਹਮ ਤੁਮ ਸੰਗਿ ਝੂਠੇ ਸਭਿ ਬੋਲਾ ॥ ਪਾਇ ਠਗਉਰੀ ਆਪਿ ਭੁਲਾਇਓ ॥ ਨਾਨਕ ਕਿਰਤੁ ਨ ਜਾਇ ਮਿਟਾਇਓ ॥੨॥ {ਪੰਨਾ ੧੦੦੪}

ਪਦ ਅਰਥ :—ਮਿਥਿਆ—ਨਾਸਵੰਤ । ਵਸਤੁ—ਚੀਜ਼ । ਸਤਿ—ਸਦਾ-ਥਿਰ ਰਹਿਣ ਵਾਲੀ । ਹਿਤੁ—ਪਿਆਰ । ਸਠ—ਸ਼ਠ, ਹੇ ਦੁਸ਼ਟ! ਮੂੜ—ਹੇ ਮੂਰਖ । ਅਗਿਆਨੀ—ਹੇ ਬੇ-ਸਮਝ! ਮਦ—ਨਸ਼ਾ । ਮਾਤਾ—ਮਸਤ । ਬਦਲੈ—ਦੇ ਵੱਟੇ ਵਿਚ । ਗਵਾਤਾ—ਗਵਾ ਲਿਆ । ਪਰਾਇਐ—ਪਰਾਏ ਵਿਚ । ਰਾਤਾ—ਰੱਤਾ ਹੋਇਆ । ਮਨ ਤਨ ਸੰਗਿ—ਮਨ ਸੰਗਿ ਤਨ ਸੰਗਿ । ਜਾਤਾ—ਜਾਂਦਾ, ਤੁਰਦਾ, ਦੌੜ-ਭੱਜ ਕਰਦਾ । ਤ੍ਰਿਸਨਾ—ਤ੍ਰਿਸ਼ਨਾ । ਕਲੋਲ—ਖੇਲ-ਤਮਾਸ਼ੇ । ਕਰਤ—ਕਰਦਿਆਂ । ਊਣੀ—ਪੂਰੀ ਨਹੀਂ ਹੁੰਦੀ । ਮਿਥਿਆ—ਨਾਸਵੰਤ (ਮਾਇਆ ਖ਼ਾਤਰ ਹੀ) । ਸਭਿ—ਸਾਰੇ । ਹਮ ਤੁਮ ਸੰਗਿ—ਅਸਾਂ ਤੁਸਾਂ ਨਾਲ, ਸਭ ਲੋਕਾਂ ਨਾਲ । ਪਾਇ—ਪਾ ਕੇ । ਠਗਉਰੀ—ਠਗ-ਮੂਰੀ, ਠਗ ਬੂਟੀ, ਧਤੂਰਾ ਆਦਿਕ ਜੋ ਠੱਗ ਲੋਕ ਵਰਤ ਕੇ ਪਰਦੇਸੀਆਂ ਨੂੰ ਠੱਗਦੇ ਹਨ । ਨਾਨਕ—ਹੇ ਨਾਨਕ! ਕਿਰਤੁ—ਕੀਤਾ-ਕਮਾਇਆ ਹੋਇਆ, ਕੀਤੇ ਕਰਮਾਂ ਦੇ ਸੰਸਕਾਰਾਂ ਦਾ ਇਕੱਠ ।੨।

ਅਰਥ :—ਹੇ ਦੁਸ਼ਟ! ਹੇ ਮੂਰਖ! ਹੇ ਬੇ-ਸਮਝ! ਤੂੰ ਪਿਆਰ ਪਾਇਆ ਹੈ ਨਾਸਵੰਤ ਪਦਾਰਥ ਨਾਲ ਤੇ ਉਸ ਨੂੰ ਸਦਾ-ਥਿਰ ਰਹਿਣ ਵਾਲਾ ਸਮਝ ਰਿਹਾ ਹੈਂ । ਹੇ ਮੂਰਖ! ਤੂੰ ਕਾਮ ਕ੍ਰੋਧ ਲੋਭ (ਆਦਿਕ ਵਿਕਾਰਾਂ) ਦੇ ਨਸ਼ੇ ਵਿਚ ਮਸਤ ਹੈਂ, ਤੇ, ਇਸ ਤਰ੍ਹਾਂ ਕੌਡੀ ਦੇ ਵੱਟੇ ਆਪਣਾ (ਕੀਮਤੀ ਮਨੁੱਖਾ) ਜਨਮ ਗਵਾ ਰਿਹਾ ਹੈਂ ।

ਹੇ ਮੂਰਖ! (ਸਿਰਫ਼ ਪਰਮਾਤਮਾ ਹੀ) ਆਪਣਾ (ਅਸਲ ਸਾਥੀ ਹੈ, ਉਸ ਨੂੰ) ਛੱਡ ਕੇ ਪਰਾਏ (ਹੋ ਜਾਣ ਵਾਲੇ ਧਨ-ਪਦਾਰਥ) ਨਾਲ ਪਿਆਰ ਕਰ ਰਿਹਾ ਹੈਂ । ਤੈਨੂੰ ਮਾਇਆ ਦਾ ਨਸ਼ਾ ਚੜ੍ਹਿਆ ਹੋਇਆ ਹੈ, ਤੂੰ ਮਨ ਦੇ ਪਿੱਛੇ ਲੱਗ ਕੇ ਸਿਰਫ਼ ਸਰੀਰ ਦੀ ਖ਼ਾਤਰ ਦੌੜ-ਭੱਜ ਕਰਦਾ ਹੈਂ । ਦੁਨੀਆ ਦੇ ਮੌਜ-ਮੇਲੇ ਮਾਣਦਿਆਂ ਤੇਰੀ ਤ੍ਰਿਸ਼ਨਾ ਨਹੀਂ ਮਿਟਦੀ, (ਤੇਰੀ ਰੱਜਣ ਦੀ) ਆਸ (ਕਦੇ) ਪੂਰੀ ਨਹੀਂ ਹੁੰਦੀ । ਨਾਸਵੰਤ ਮਾਇਆ ਦੀ ਖ਼ਾਤਰ ਹੀ ਤੇਰੀਆਂ ਸਾਰੀਆਂ ਗੱਲਾਂ ਹਨ ।

ਹੇ ਭਾਈ! ਜੀਵ ਇਸ ਸੰਸਾਰ ਵਿਚ ਇਕੱਲਾ ਹੀ ਆਉਂਦਾ ਹੈ ਇਥੋਂ ਇਕੱਲਾ ਹੀ ਤੁਰ ਪੈਂਦਾ ਹੈ; ਸੰਸਾਰੀ ਸਾਥੀਆਂ ਨਾਲ (ਸਾਥ ਨਿਬਾਹੁਣ ਵਾਲੇ) ਸਾਰੇ ਬੋਲ ਝੂਠ ਹੀ ਹੋ ਜਾਂਦੇ ਹਨ । ਪਰ, ਹੇ ਨਾਨਕ! (ਜੀਵਾਂ ਦੇ ਭੀ ਕੀਹ ਵੱਸ?) ਪਰਮਾਤਮਾ ਆਪ ਹੀ (ਮਾਇਆ ਦੇ ਮੋਹ ਦੀ) ਠਗ-ਬੂਟੀ ਖਵਾ ਕੇ ਜੀਵ ਨੂੰ ਕੁਰਾਹੇ ਪਾ ਦੇਂਦਾ ਹੈ, (ਜਨਮਾਂ ਜਨਮਾਂਤਰਾਂ ਦੇ) ਕੀਤੇ ਕਰਮਾਂ ਦੇ ਸੰਸਕਾਰਾਂ ਦਾ ਇਕੱਠ ਮਿਟਾਇਆ ਨਹੀਂ ਜਾ ਸਕਦਾ ।੨।

ਪਸੁ ਪੰਖੀ ਭੂਤ ਅਰੁ ਪ੍ਰੇਤਾ ॥ ਬਹੁ ਬਿਧਿ ਜੋਨੀ ਫਿਰਤ ਅਨੇਤਾ ॥ ਜਹ ਜਾਨੋ ਤਹ ਰਹਨੁ ਨ ਪਾਵੈ ॥ ਥਾਨ ਬਿਹੂਨ ਉਠਿ ਉਠਿ ਫਿਰਿ ਧਾਵੈ ॥ ਮਨਿ ਤਨਿ ਬਾਸਨਾ ਬਹੁਤੁ ਬਿਸਥਾਰਾ ॥ ਅਹੰਮੇਵ ਮੂਠੋ ਬੇਚਾਰਾ ॥ ਅਨਿਕ ਦੋਖ ਅਰੁ ਬਹੁਤੁ ਸਜਾਈ ॥ ਤਾ ਕੀ ਕੀਮਤਿ ਕਹਣੁ ਨ ਜਾਈ ॥ ਪ੍ਰਭ ਬਿਸਰਤ ਨਰਕ ਮਹਿ ਪਾਇਆ ॥ ਤਹ ਮਾਤ ਨ ਬੰਧੁ ਨ ਮੀਤ ਨ ਜਾਇਆ ॥ ਜਿਸ ਕਉ ਹੋਤ ਕ੍ਰਿਪਾਲ ਸੁਆਮੀ ॥ ਸੋ ਜਨੁ ਨਾਨਕ ਪਾਰਗਰਾਮੀ ॥੩॥ {ਪੰਨਾ ੧੦੦੫}

ਪਦ ਅਰਥ :—ਅਰੁ—ਅਤੇ । ਬਹੁ ਬਿਧਿ ਜੋਨੀ—ਅਨੇਕਾਂ ਕਿਸਮਾਂ ਦੀਆਂ ਜੂਨਾਂ ਵਿਚ । ਅਨੇਤਾ—ਅਨੇਤ੍ਰਾ, ਅੰਨ੍ਹਾ । ਜਹ ਜਾਨੋ—ਜਿਸ ਅਸਲ ਟਿਕਾਣੇ ਤੇ ਜਾਣਾ ਹੈ । ਤਹ—ਉਥੇ, (ਪ੍ਰਭੂ-ਚਰਨਾਂ ਵਿਚ) । ਰਹਨੁ ਨ ਪਾਵੈ—ਟਿਕਾਣਾ ਨਹੀਂ ਮਿਲਦਾ । ਥਾਨ ਬਿਹੂਨ—ਨਿਥਾਵਾਂ ਹੋ ਕੇ । ਉਠਿ—ਉੱਠ ਕੇ । ਧਾਵੈ—(ਅਨੇਕਾਂ ਜੂਨਾਂ ਵਿਚ) ਭਟਕਦਾ ਹੈ । ਮਨਿ—ਮਨ ਵਿਚ । ਤਨਿ—ਤਨ ਵਿਚ । ਬਾਸਨਾ—ਮਨੋ-ਕਾਮਨਾ । ਬਿਸਥਾਰਾ—ਖਿਲਾਰਾ ।

ਅਹੰਮੇਵ—{ਅਹਙ਼ ਓਵ—ਮੈਂ ਹੀ ਮੈਂ ਹੀ} ਹਉਮੈ । ਮੂਠੋ—ਠੱਗਿਆ ਹੋਇਆ । ਬੇਚਾਰਾ—ਨਿਮਾਣਾ । ਦੋਖ—ਐਬ । ਸਜਾਈ—ਸਜ਼ਾ, ਦੰਡ । ਕੀਮਤਿ—ਮੁੱਲ (ਦੁਨੀਆਵੀ ਪਦਾਰਥ ਜਿਹਨਾਂ ਦੇ ਵੱਟੇ ਇਹ ਸਜ਼ਾ ਮੁੱਕ ਸਕੇ) । ਤਹ—ਉਥੇ ਨਰਕ ਵਿਚ । ਜਾਇਆ—ਇਸਤ੍ਰੀ । ਕਉ—ਨੂੰ, ਉੱਤੇ । ਪਾਰਗਰਾਮੀ—ਪਾਰ ਲੰਘ ਸਕਦਾ ਹੈ ।੩।

ਅਰਥ :—ਹੇ ਭਾਈ! (ਮਾਇਆ ਦੇ ਮੋਹ ਵਿਚ) ਅੰਨ੍ਹਾ ਹੋਇਆ ਜੀਵ ਪਸ਼ੂ ਪੰਛੀ ਭੂਤ ਪ੍ਰੇਤ ਆਦਿਕ ਅਨੇਕਾਂ ਜੂਨਾਂ ਵਿਚ ਭਟਕਦਾ ਫਿਰਦਾ ਹੈ; ਜਿਸ ਅਸਲ ਟਿਕਾਣੇ ਤੇ ਜਾਣਾ ਹੈ ਉਥੇ ਟਿਕ ਨਹੀਂ ਸਕਦਾ, ਨਿਥਾਵਾਂ ਹੋ ਕੇ ਮੁੜ ਮੁੜ ਉੱਠ ਕੇ (ਹੋਰ ਹੋਰ ਜੂਨਾਂ ਵਿਚ) ਭਟਕਦਾ ਹੈ ।

ਹੇ ਭਾਈ! (ਮਾਇਆ ਦੇ ਮੋਹ ਦੇ ਕਾਰਨ) ਮਨੁੱਖ ਦੇ ਮਨ ਵਿਚ ਤਨ ਵਿਚ ਅਨੇਕਾਂ ਵਾਸਨਾਂ ਦਾ ਖਿਲਾਰਾ ਖਿਲਰਿਆ ਰਹਿੰਦਾ ਹੈ, ਹਉਮੈ ਇਸ ਵਿਚਾਰੇ ਦੇ ਆਤਮਕ ਜੀਵਨ ਨੂੰ ਲੁੱਟ ਲੈਂਦੀ ਹੈ । ਇਸ ਦੇ ਅੰਦਰ ਐਬ ਪੈਦਾ ਹੋ ਜਾਂਦੇ ਹਨ, ਅਤੇ ਉਹਨਾਂ ਦੀ ਸਜ਼ਾ ਭੀ ਬਹੁਤ ਮਿਲਦੀ ਹੈ, (ਉਸ ਤੋਂ ਬਚਣ ਲਈ ਦੁਨੀਆਵੀ ਪਦਾਰਥਾਂ ਵਾਲੀ ਕੋਈ) ਕੀਮਤ ਦੱਸੀ ਨਹੀਂ ਜਾ ਸਕਦੀ (ਕਿਸੇ ਭੀ ਕੀਮਤ ਨਾਲ ਇਸ ਸਜ਼ਾ ਤੋਂ ਖ਼ਲਾਸੀ ਨਹੀਂ ਹੋ ਸਕਦੀ) ।

ਹੇ ਭਾਈ! ਪਰਮਾਤਮਾ ਦਾ ਨਾਮ ਭੁੱਲਣ ਕਰਕੇ ਜੀਵ ਨਰਕ ਵਿਚ ਸੁੱਟਿਆ ਜਾਂਦਾ ਹੈ, ਉਥੇ ਨਾਹ ਮਾਂ, ਨਾਹ ਕੋਈ ਸੰਬੰਧੀ, ਨਾਹ ਕੋਈ ਮਿੱਤਰ, ਨਾਹ ਇਸਤ੍ਰੀ—(ਕੋਈ ਭੀ ਸਹਾਇਤਾ ਨਹੀਂ ਕਰ ਸਕਦਾ) ।

ਹੇ ਨਾਨਕ! (ਆਖ—ਹੇ ਭਾਈ!) ਉਹ ਮਨੁੱਖ (ਸੰਸਾਰ-ਸਮੁੰਦਰ ਤੋਂ) ਪਾਰ ਲੰਘਣ ਜੋਗਾ ਹੁੰਦਾ ਹੈ ਜਿਸ ਉਤੇ ਮਾਲਕ-ਪ੍ਰਭੂ ਦਇਆਵਾਨ ਹੁੰਦਾ ਹੈ ।੩।

ਭ੍ਰਮਤ ਭ੍ਰਮਤ ਪ੍ਰਭ ਸਰਨੀ ਆਇਆ ॥ ਦੀਨਾ ਨਾਥ ਜਗਤ ਪਿਤ ਮਾਇਆ ॥ ਪ੍ਰਭ ਦਇਆਲ ਦੁਖ ਦਰਦ ਬਿਦਾਰਣ ॥ ਜਿਸੁ ਭਾਵੈ ਤਿਸ ਹੀ ਨਿਸਤਾਰਣ ॥ ਅੰਧ ਕੂਪ ਤੇ ਕਾਢਨਹਾਰਾ ॥ ਪ੍ਰੇਮ ਭਗਤਿ ਹੋਵਤ ਨਿਸਤਾਰਾ ॥ ਸਾਧ ਰੂਪ ਅਪਨਾ ਤਨੁ ਧਾਰਿਆ ॥ ਮਹਾ ਅਗਨਿ ਤੇ ਆਪਿ ਉਬਾਰਿਆ ॥ ਜਪ ਤਪ ਸੰਜਮ ਇਸ ਤੇ ਕਿਛੁ ਨਾਹੀ ॥ ਆਦਿ ਅੰਤਿ ਪ੍ਰਭ ਅਗਮ ਅਗਾਹੀ ॥ ਨਾਮੁ ਦੇਹਿ ਮਾਗੈ ਦਾਸੁ ਤੇਰਾ ॥ ਹਰਿ ਜੀਵਨ ਪਦੁ ਨਾਨਕ ਪ੍ਰਭੁ ਮੇਰਾ ॥੪॥੩॥੧੯॥ {ਪੰਨਾ ੧੦੦੫}

ਪਦ ਅਰਥ :—ਭ੍ਰਮਤ—ਭਟਕਦਾ । ਦੀਨਾਨਾਥ—ਦੀਨਾਂ ਦਾ ਨਾਥ, ਨਿਮਾਣਿਆਂ ਦਾ ਖਸਮ । ਪਿਤ—ਪਿਤਾ । ਮਾਇਆ—ਮਾਂ । ਬਿਦਾਰਣ—ਨਾਸ ਕਰਨ ਵਾਲਾ । ਜਿਸੁ ਭਾਵੈ—ਜੋ ਤਿਸੁ ਭਾਵੈ । ਤਿਸ ਹੀ—{ਕ੍ਰਿਆ ਵਿਸ਼ੇਸ਼ਣ 'ਹੀ' ਦੇ ਕਾਰਨ ਲਫ਼ਜ਼ 'ਤਿਸੁ' ਦਾ ੁ ਉੱਡ ਗਿਆ ਹੈ} । ਕੂਪ—ਖੂਹ । ਤੇ—ਤੋਂ । ਪ੍ਰੇਮ ਭਗਤਿ—ਪਿਆਰ-ਭਰੀ ਭਗਤੀ ਨਾਲ । ਨਿਸਤਾਰਾ—ਪਾਰ-ਉਤਾਰਾ । ਸਾਧ—ਗੁਰੂ । ਤਨੁ—ਸਰੀਰ । ਉਬਾਰਿਆ—ਬਚਾਇਆ । ਇਸ ਤੇ—{ਸੰਬੰਧਕ 'ਤੇ' ਦੇ ਕਾਰਨ ਲਫ਼ਜ਼ 'ਇਸੁ' ਦਾ ੁ ਉੱਡ ਗਿਆ ਹੈ} ਇਸ (ਜੀਵ) ਤੋਂ । ਅਗਮ—ਅਪਹੁੰਚ । ਅਗਾਮੀ—ਅਗਾਧ । ਮਾਗੈ—ਮੰਗਦਾ ਹੈ {ਇਕ-ਵਚਨ} । ਜੀਵਨ ਪਦੁ—ਆਤਮਕ ਜੀਵਨ ਦਾ ਦਰਜਾ ।

ਅਰਥ :—ਹੇ ਭਾਈ! ਪ੍ਰਭੂ ਦੀਨਾਂ ਦਾ ਨਾਥ ਹੈ, ਜਗਤ ਦਾ ਮਾਂ-ਪਿਉ ਹੈ, ਦਇਆ ਦਾ ਘਰ ਹੈ, (ਜੀਵਾਂ ਦੇ) ਦੁੱਖ ਦਰਦ ਦੂਰ ਕਰਨ ਵਾਲਾ ਹੈ, ਜੀਵ ਭਟਕ ਭਟਕ ਕੇ (ਆਖ਼ਿਰ ਉਸ ਦੀ) ਸਰਨ ਆਉਂਦਾ ਹੈ । ਹੇ ਭਾਈ! ਜਿਹੜਾ ਜੀਵ ਉਸ ਪ੍ਰਭੂ ਨੂੰ ਚੰਗਾ ਲੱਗ ਪੈਂਦਾ ਹੈ ਉਸ ਨੂੰ ਉਹ (ਸੰਸਾਰ-ਸਮੁੰਦਰ ਤੋਂ) ਪਾਰ ਲੰਘਾ ਦੇਂਦਾ ਹੈ । ਹੇ ਭਾਈ! (ਸੰਸਾਰ-ਰੂਪ) ਅੰਨ੍ਹੇ ਖੂਹ ਵਿਚੋਂ (ਪ੍ਰਭੂ ਜੀਵ ਨੂੰ) ਕੱਢਣ ਦੇ ਸਮਰੱਥ ਹੈ, ਪ੍ਰਭੂ ਦੀ ਪਿਆਰ-ਭਰੀ ਭਗਤੀ ਨਾਲ ਜੀਵ ਦਾ ਪਾਰ-ਉਤਾਰਾ ਹੋ ਜਾਂਦਾ ਹੈ । ਹੇ ਭਾਈ! ਪਰਮਾਤਮਾ ਨੇ ਗੁਰੂ-ਰੂਪ ਆਪਣਾ ਸਰੀਰ (ਆਪ ਹੀ ਸਦਾ) ਧਾਰਨ ਕੀਤਾ ਹੈ, ਤੇ ਜੀਵਾਂ ਨੂੰ ਮਾਇਆ ਦੀ ਵੱਡੀ ਅੱਗ ਤੋਂ ਆਪ ਹੀ ਸਦਾ ਬਚਾਇਆ ਹੈ । ਨਹੀਂ ਤਾਂ ਇਸ ਜੀਵ ਪਾਸੋਂ ਜਪ ਤਪ (ਨਾਮ ਦੀ ਕਮਾਈ) ਤੇ ਸੰਜਮ (ਸੁੱਧ ਆਚਰਨ) ਦੀ ਮਿਹਨਤ ਕੁਝ ਭੀ ਨਹੀਂ ਹੋ ਸਕਦੀ ।

ਹੇ ਪ੍ਰਭੂ! ਜਗਤ ਦੇ ਸ਼ੁਰੂ ਤੋਂ ਅੰਤ ਤਕ ਤੂੰ ਹੀ ਕਾਇਮ ਰਹਿਣ ਵਾਲਾ ਹੈਂ, ਤੂੰ ਅਪਹੁੰਚ ਹੈਂ, ਤੂੰ ਅਥਾਹ ਹੈਂ । ਤੇਰਾ ਦਾਸ ਤੇਰੇ ਦਰ ਤੋਂ ਤੇਰਾ ਨਾਮ ਮੰਗਦਾ ਹੈ ।

ਹੇ ਨਾਨਕ! (ਆਖ—ਹੇ ਭਾਈ!) ਮੇਰਾ ਹਰੀ-ਪ੍ਰਭੂ ਆਤਮਕ ਜੀਵਨ ਦਾ ਦਰਜਾ (ਦੇਣ ਵਾਲਾ) ਹੈ ।੪।੩।੧੯।

ਮਾਰੂ ਮਹਲਾ ੫ ॥ ਕਤ ਕਉ ਡਹਕਾਵਹੁ ਲੋਗਾ ਮੋਹਨ ਦੀਨ ਕਿਰਪਾਈ ॥੧॥ ਐਸੀ ਜਾਨਿ ਪਾਈ ॥ ਸਰਣਿ ਸੂਰੋ ਗੁਰ ਦਾਤਾ ਰਾਖੈ ਆਪਿ ਵਡਾਈ ॥੧॥ ਰਹਾਉ ॥ ਭਗਤਾ ਕਾ ਆਗਿਆਕਾਰੀ ਸਦਾ ਸਦਾ ਸੁਖਦਾਈ ॥੨॥ ਅਪਨੇ ਕਉ ਕਿਰਪਾ ਕਰੀਅਹੁ ਇਕੁ ਨਾਮੁ ਧਿਆਈ ॥੩॥ ਨਾਨਕੁ ਦੀਨੁ ਨਾਮੁ ਮਾਗੈ ਦੁਤੀਆ ਭਰਮੁ ਚੁਕਾਈ ॥੪॥੪॥੨੦॥ {ਪੰਨਾ ੧੦੦੫}

ਪਦ ਅਰਥ :—ਕਤ ਕਉ—ਕਾਹੇ? ਕਾਸ ਨੂੰ? ਕਾਹਦੇ ਲਈ? ਡਹਕਾਵਹੁ—ਤੁਸੀ ਆਪਣੇ ਮਨ ਨੂੰ ਡੁਲਾਂਦੇ ਹੋ । ਲੋਗਾ—ਹੇ ਲੋਕੋ! ਮੋਹਨ—ਸੋਹਣਾ ਪਰਮਾਤਮਾ । ਦੀਨ—ਨਿਮਾਣੇ । ਕਿਰਪਾਈ—ਕਿਰਪਾ ਕਰਦਾ ਹੈ ।੧।

ਐਸੀ—ਇਉਂ । ਜਾਨਿ ਪਾਈ—ਅਸਾਂ ਸਮਝੀ ਹੈ, ਮੈਂ ਸਮਝੀ ਹੈ । ਸੂਰੋ—ਸੂਰਮਾ । ਗੁਰ ਦਾਤਾ—ਸਭ ਤੋਂ ਵੱਡਾ ਦਾਤਾ । ਵਡਾਈ—ਇੱਜ਼ਤ ।੧।ਰਹਾਉ।

ਆਗਿਆਕਾਰੀ—ਗੱਲ ਮੰਨਣ ਵਾਲਾ ।੧।

ਅਪਨੇ ਕਉ—ਆਪਣੇ ਸੇਵਕ ਉਤੇ । ਧਿਆਈ—ਧਿਆਈਂ, ਮੈਂ ਧਿਆਵਾਂ ।੩।

ਨਾਨਕੁ ਦੀਨੁ ਮਾਗੈ—ਗਰੀਬ ਨਾਨਕ ਮੰਗਦਾ ਹੈ । ਦੁਤੀਆ—ਦੂਜਾ । ਭਰਮੁ—ਭੁਲੇਖਾ । ਚੁਕਾਈ—ਚੁਕਾਇ, ਦੂਰ ਕਰ ਕੇ ।੪।

ਅਰਥ :—ਹੇ ਭਾਈ! ਮੈਂ ਤਾਂ ਇਉਂ ਸਮਝ ਲਿਆ ਹੈ ਕਿ ਪਰਮਾਤਮਾ ਸਭ ਤੋਂ ਵੱਡਾ ਦਾਤਾ ਹੈ, ਸਰਨ ਪਿਆਂ ਦੀ ਮਦਦ ਕਰਨ ਵਾਲਾ ਸੂਰਮਾ ਹੈ, (ਆਪਣੇ ਸੇਵਕ ਦੀ) ਆਪ ਲਾਜ ਰੱਖਦਾ ਹੈ ।੧।ਰਹਾਉ।

ਹੇ ਲੋਕੋ! ਤੁਸੀ ਕਿਉਂ ਆਪਣੇ ਮਨ ਨੂੰ ਡੁਲਾਂਦੇ ਹੋ? ਸੋਹਣਾ ਪ੍ਰਭੂ ਗਰੀਬਾਂ ਉਤੇ ਦਇਆ ਕਰਨ ਵਾਲਾ ਹੈ ।੧।

ਹੇ ਲੋਕੋ! ਪਰਮਾਤਮਾ ਆਪਣੇ ਭਗਤਾਂ ਦੀ ਅਰਜ਼ੋਈ ਮੰਨਣ ਵਾਲਾ ਹੈ, ਅਤੇ (ਉਹਨਾਂ ਨੂੰ) ਸਦਾ ਹੀ ਸੁਖ ਦੇਣ ਵਾਲਾ ਹੈ ।੨।

(ਹੇ ਪ੍ਰਭੂ! ਮੈਂ ਨਾਨਕ ਤੇਰੇ ਦਰ ਦਾ ਸੇਵਕ ਹਾਂ) ਆਪਣੇ (ਇਸ) ਸੇਵਕ ਉਤੇ ਮਿਹਰ ਕਰਨੀ, ਮੈਂ (ਤੇਰਾ ਸੇਵਕ) ਤੇਰਾ ਨਾਮ ਹੀ ਸਿਮਰਦਾ ਰਹਾਂ ।੩।

ਹੇ ਪ੍ਰਭੂ! ਕਿਸੇ ਹੋਰ ਦੂਜੇ (ਨੂੰ ਤੇਰੇ ਵਰਗਾ ਸਮਝਣ) ਦਾ ਭੁਲੇਖਾ ਦੂਰ ਕਰ ਕੇ ਗਰੀਬ ਨਾਨਕ (ਤੇਰੇ ਦਰ ਤੋਂ) ਤੇਰਾ ਨਾਮ ਮੰਗਦਾ ਹੈ ।੪।੪।੨੦।

ਮਾਰੂ ਮਹਲਾ ੫ ॥ ਮੇਰਾ ਠਾਕੁਰੁ ਅਤਿ ਭਾਰਾ ॥ ਮੋਹਿ ਸੇਵਕੁ ਬੇਚਾਰਾ ॥੧॥ ਮੋਹਨੁ ਲਾਲੁ ਮੇਰਾ ਪ੍ਰੀਤਮ ਮਨ ਪ੍ਰਾਨਾ ॥ ਮੋ ਕਉ ਦੇਹੁ ਦਾਨਾ ॥੧॥ ਰਹਾਉ ॥ ਸਗਲੇ ਮੈ ਦੇਖੇ ਜੋਈ ॥ ਬੀਜਉ ਅਵਰੁ ਨ ਕੋਈ ॥੨॥ ਜੀਅਨ ਪ੍ਰਤਿਪਾਲਿ ਸਮਾਹੈ ॥ ਹੈ ਹੋਸੀ ਆਹੇ ॥੩॥ ਦਇਆ ਮੋਹਿ ਕੀਜੈ ਦੇਵਾ ॥ ਨਾਨਕ ਲਾਗੋ ਸੇਵਾ॥੪॥੫॥੨੧॥ {ਪੰਨਾ ੧੦੦੫}

ਪਦ ਅਰਥ :—ਅਤਿ ਭਾਰਾ—ਬਹੁਤ ਤਾਕਤਾਂ ਦਾ ਮਾਲਕ । ਠਾਕੁਰੁ—ਮਾਲਕ-ਪ੍ਰਭੂ । ਮੋਹਿ—ਮੈਂ । ਬੇਚਾਰਾ—ਨਿਮਾਣਾ ।੧।

ਮੋਹਨੁ ਲਾਲੁ—ਸੋਹਣਾ ਪਿਆਰਾ । ਪ੍ਰੀਤਮ—ਹੇ ਪ੍ਰੀਤਮ! ਪ੍ਰੀਤਮ ਮਨ ਪ੍ਰਾਨਾ—ਹੇ ਮੇਰੇ ਮਨ ਦੇ ਪ੍ਰੀਤਮ! ਹੇ ਮੇਰੀ ਜਿੰਦ ਦੇ ਪ੍ਰੀਤਮ! ਮੋ ਕਉ—ਮੈਨੂੰ । ਦਾਨਾ—ਦਾਨ ।੧।ਰਹਾਉ।

ਸਗਲੇ—ਸਾਰੇ । ਜੋਈ—ਜੋਇ, ਖੋਜ ਕੇ । ਬੀਜਉ—ਦੂਜਾ । ਅਵਰੁ—ਹੋਰ ।੨।

ਜੀਅਨ—ਸਾਰੇ ਜੀਵਾਂ ਨੂੰ । ਪ੍ਰਤਿਪਾਲਿ—ਪ੍ਰਤਿ ਪਾਲੈ, ਪਾਲਦਾ ਹੈ । ਸਮਾਹੈ—ਸੰਬਾਹੇ, ਰਿਜ਼ਕ ਪੁਚਾਉਂਦਾ ਹੈ । ਹੈ—ਇਸ ਵੇਲੇ ਮੌਜੂਦ ਹੈ । ਹੋਸੀ—ਅਗਾਂਹ ਨੂੰ ਭੀ ਮੌਜੂਦ ਰਹੇਗਾ । ਆਹੇ—ਪਹਿਲਾਂ ਭੀ ਮੌਜੂਦ ਸੀ ।੩।

ਮੋਹਿ—ਮੇਰੇ ਉੱਤੇ । ਦੇਵਾ—ਹੇ ਦੇਵ! ਲਾਗੋ—ਲੱਗਾ ਰਹੇ ।੪।

ਅਰਥ :—ਹੇ ਮੇਰੇ ਮਨ ਦੇ ਪਿਆਰੇ! ਹੇ ਮੇਰੀ ਜਿੰਦ ਦੇ ਪਿਆਰੇ! ਤੂੰ ਮੇਰਾ ਸੋਹਣਾ ਪਿਆਰਾ ਪ੍ਰਭੂ ਹੈਂ । ਮੈਨੂੰ (ਆਪਣੇ ਨਾਮ ਦਾ) ਦਾਨ ਬਖ਼ਸ਼ ।੧।ਰਹਾਉ।

ਹੇ ਭਾਈ! ਮੇਰਾ ਮਾਲਕ ਪ੍ਰਭੂ ਬਹੁਤ ਤਾਕਤਾਂ ਦਾ ਮਾਲਕ ਹੈ । ਮੈਂ (ਤਾਂ ਉਸ ਦੇ ਦਰ ਤੇ ਇਕ) ਨਿਮਾਣਾ ਸੇਵਕ ਹਾਂ ।੧।

ਹੇ ਭਾਈ! ਹੋਰ ਸਾਰੇ ਆਸਰੇ ਖੋਜ ਕੇ ਵੇਖ ਲਏ ਹਨ, ਕੋਈ ਹੋਰ ਦੂਜਾ (ਉਸ ਪ੍ਰਭੂ ਦੇ ਬਰਾਬਰ ਦਾ) ਨਹੀਂ ਹੈ ।੨।

ਹੇ ਭਾਈ! ਪਰਮਾਤਮਾ ਸਾਰੇ ਜੀਵਾਂ ਨੂੰ ਪਾਲਦਾ ਹੈ, ਸਭ ਨੂੰ ਰੋਜ਼ੀ ਅਪੜਾਂਦਾ ਹੈ । ਉਹ ਹੁਣ ਭੀ ਹੈ, ਅਗਾਂਹ ਨੂੰ ਭੀ ਕਾਇਮ ਰਹੇਗਾ, ਪਹਿਲਾਂ ਭੀ ਸੀ ।੩।

ਹੇ ਨਾਨਕ! (ਆਖ—) ਹੇ ਦੇਵ! ਮੇਰੇ ਉੱਤੇ ਦਇਆ ਕਰ, ਮੈਂ ਤੇਰੀ ਸੇਵਾ ਭਗਤੀ ਵਿਚ ਲੱਗਾ ਰਹਾਂ ।੪।੫।੨੧।

ਮਾਰੂ ਮਹਲਾ ੫ ॥ ਪਤਿਤ ਉਧਾਰਨ ਤਾਰਨ ਬਲਿ ਬਲਿ ਬਲੇ ਬਲਿ ਜਾਈਐ ॥ ਐਸਾ ਕੋਈ ਭੇਟੈ ਸੰਤੁ ਜਿਤੁ ਹਰਿ ਹਰੇ ਹਰਿ ਧਿਆਈਐ ॥੧॥ ਮੋ ਕਉ ਕੋਇ ਨ ਜਾਨਤ ਕਹੀਅਤ ਦਾਸੁ ਤੁਮਾਰਾ ॥ ਏਹਾ ਓਟ ਆਧਾਰਾ ॥੧॥ ਰਹਾਉ ॥ ਸਰਬ ਧਾਰਨ ਪ੍ਰਤਿਪਾਰਨ ਇਕ ਬਿਨਉ ਦੀਨਾ ॥ ਤੁਮਰੀ ਬਿਧਿ ਤੁਮ ਹੀ ਜਾਨਹੁ ਤੁਮ ਜਲ ਹਮ ਮੀਨਾ ॥੨॥ ਪੂਰਨ ਬਿਸਥੀਰਨ ਸੁਆਮੀ ਆਹਿ ਆਇਓ ਪਾਛੈ ॥ ਸਗਲੋ ਭੂ ਮੰਡਲ ਖੰਡਲ ਪ੍ਰਭ ਤੁਮ ਹੀ ਆਛੈ ॥੩॥ ਅਟਲ ਅਖਇਓ ਦੇਵਾ ਮੋਹਨ ਅਲਖ ਅਪਾਰਾ ॥ ਦਾਨੁ ਪਾਵਉ ਸੰਤਾ ਸੰਗੁ ਨਾਨਕ ਰੇਨੁ ਦਾਸਾਰਾ ॥੪॥੬॥੨੨॥ {ਪੰਨਾ ੧੦੦੫}

ਪਦ ਅਰਥ :—ਪਤਿਤ ਉਧਾਰਨ—ਵਿਕਾਰਾਂ ਵਿਚ ਡਿੱਗਿਆਂ ਨੂੰ ਵਿਕਾਰਾਂ ਤੋਂ ਬਚਾਣ ਵਾਲਾ । ਤਾਰਨ—(ਸੰਸਾਰ-ਸਮੁੰਦਰ ਤੋਂ) ਪਾਰ ਲੰਘਾਣ ਵਾਲਾ । ਬਲਿ ਜਾਇਐ—ਕੁਰਬਾਨ ਜਾਣਾ ਚਾਹੀਦਾ ਹੈ । ਭੇਟੈ—ਮਿਲ ਪਏ । ਜਿਤੁ—ਜਿਸ (ਸੰਤ) ਦੀ ਰਾਹੀਂ । ਧਿਆਈਐ—ਧਿਆਇਆ ਜਾ ਸਕੇ ।੧।

ਮੋ ਕਉ—ਮੈਨੂੰ । ਕਹੀਅਤ—ਅਖਵਾਂਦਾ ਹਾਂ । ਓਟ—ਸਹਾਰਾ । ਆਧਾਰ—ਆਸਰਾ ।੧।ਰਹਾਉ।

ਸਰਬ ਧਾਰਨ—ਹੇ ਸਾਰਿਆਂ ਨੂੰ ਸਹਾਰਾ ਦੇਣ ਵਾਲੇ! ਸਰਬ ਪ੍ਰਤਿਪਾਰਨ—ਹੇ ਸਭ ਨੂੰ ਪਾਲਣ ਵਾਲੇ! ਬਿਨਉ—ਬੇਨਤੀ । ਦੀਨਾ—ਮੈਂ ਨਿਮਾਣਾ । ਬਿਧਿ—ਜੁਗਤਿ, ਢੰਗ । ਹਮ—ਅਸੀ ਜੀਵ । ਮੀਨਾ—ਮੱਛੀ ।੨।

ਪੂਰਨ—ਹੇ ਸਰਬ-ਵਿਆਪਕ! ਬਿਸਥੀਰਨ—ਹੇ ਸਾਰੇ ਪਸਾਰੇ ਵਾਲੇ! ਆਹਿ—ਤਾਂਘ ਨਾਲ । ਪਾਛੈ—ਤੇਰੀ ਸਰਨ । ਭੂ—ਧਰਤੀ । ਭੂ ਮੰਡਲ—ਧਰਤੀਆਂ ਦੇ ਮੰਡਲ । ਭੂ ਖੰਡਲ—ਧਰਤੀ ਦੇ ਹਿੱਸੇ । ਆਛੈ—ਹੈਂ ।੩।

ਅਖਇਓ—ਹੇ ਨਾਸ-ਰਹਿਤ! ਦੇਵਾ—ਹੇ ਪ੍ਰਕਾਸ਼-ਰੂਪ! ਪਾਵਉ—ਪਾਵਉਂ, ਮੈਂ ਹਾਸਲ ਕਰਾਂ । ਸੰਗੁ—ਸਾਥ । ਰੇਨੁ—ਚਰਨ-ਧੂੜ । ਰੇਨੁ ਦਾਸਰਾ—ਤੇਰੇ ਦਾਸਾਂ ਦੀ ਚਰਨ-ਧੂੜ ।੪।

ਅਰਥ :—ਹੇ ਪ੍ਰਭੂ! ਮੈਨੂੰ (ਤਾਂ) ਕੋਈ ਨਹੀਂ ਜਾਣਦਾ, ਪਰ ਮੈਂ ਤੇਰਾ ਦਾਸ ਅਖਵਾਂਦਾ ਹਾਂ । ਮੈਨੂੰ ਇਹੀ ਸਹਾਰਾ ਹੈ, ਮੈਨੂੰ ਇਹੀ ਆਸਰਾ ਹੈ (ਕਿ ਤੂੰ ਆਪਣੇ ਦਾਸ ਦੀ ਲਾਜ ਰੱਖੇਂਗਾ) ।੧।ਰਹਾਉ।

ਹੇ ਭਾਈ! ਵਿਕਾਰੀਆਂ ਨੂੰ ਬਚਾਣ ਵਾਲੇ ਅਤੇ (ਸੰਸਾਰ-ਸਮੁੰਦਰ ਤੋਂ) ਪਾਰ ਲੰਘਾਣ ਵਾਲੇ ਪਰਮਾਤਮਾ ਤੋਂ ਸਦਾ ਹੀ ਕੁਰਬਾਨ ਜਾਣਾ ਚਾਹੀਦਾ ਹੈ, (ਹਰ ਵੇਲੇ ਇਹੀ ਅਰਦਾਸ ਕਰਨੀ ਚਾਹੀਦੀ ਹੈ ਕਿ) ਕੋਈ ਅਜਿਹਾ ਸੰਤ ਮਿਲ ਪਏ ਜਿਸ ਦੀ ਰਾਹੀਂ ਸਦਾ ਹੀ ਪਰਮਾਤਮਾ ਦਾ ਸਿਮਰਨ ਕੀਤਾ ਜਾ ਸਕੇ ।੧।

ਹੇ ਸਾਰੇ ਜੀਵਾਂ ਨੂੰ ਸਹਾਰਾ ਦੇਣ ਵਾਲੇ! ਹੇ ਸਭਨਾਂ ਨੂੰ ਪਾਲਣ ਵਾਲੇ! ਮੈਂ ਨਿਮਾਣਾ ਇਕ ਬੇਨਤੀ ਕਰਦਾ ਹਾਂ ਕਿ ਤੂੰ ਪਾਣੀ ਹੋਵੇਂ ਤੇ ਮੈਂ ਤੇਰੀ ਮੱਛੀ ਬਣਿਆ ਰਹਾਂ (ਪਰ ਇਹ ਕਿਵੇਂ ਹੋ ਸਕੇ—ਇਹ) ਜੁਗਤਿ ਤੂੰ ਆਪ ਹੀ ਜਾਣਦਾ ਹੈਂ ।੨।

ਹੇ ਸਰਬ-ਵਿਆਪਕ! ਹੇ ਸਾਰੇ ਪਸਾਰੇ ਦੇ ਮਾਲਕ! ਮੈਂ ਤੇਰੀ ਸਰਨ ਆ ਪਿਆ ਹਾਂ । ਇਹ ਸਾਰਾ ਆਕਾਰ—ਧਰਤੀ, ਧਰਤੀਆਂ ਦੇ ਚੱਕਰ, ਧਰਤੀ ਦੇ ਹਿੱਸੇ—ਇਹ ਸਭ ਕੁਝ ਤੂੰ ਆਪ ਹੀ ਹੈਂ (ਤੂੰ ਆਪਣੇ ਆਪ ਤੋਂ ਪੈਦਾ ਕੀਤੇ ਹਨ) ।੩।

ਹੇ ਨਾਨਕ! (ਆਖ—) ਹੇ ਸਦਾ ਕਾਇਮ ਰਹਿਣ ਵਾਲੇ! ਹੇ ਅਬਿਨਾਸੀ! ਹੇ ਪ੍ਰਕਾਸ਼-ਰੂਪ! ਹੇ ਸੋਹਣੇ ਸਰੂਪ ਵਾਲੇ! ਹੇ ਅਲੱਖ! ਹੇ ਬੇਅੰਤ! ਤੇਰੇ ਸੰਤਾਂ ਦੀ ਸੰਗਤਿ ਅਤੇ ਦਾਸਾਂ ਦੀ ਚਰਨ-ਧੂੜ—(ਮਿਹਰ ਕਰ) ਮੈਂ ਇਹ ਖ਼ੈਰ ਪ੍ਰਾਪਤ ਕਰ ਸਕਾਂ ।੪।੬।੨੨।

ਮਾਰੂ ਮਹਲਾ ੫ ॥ ਤ੍ਰਿਪਤਿ ਆਘਾਏ ਸੰਤਾ ॥ ਗੁਰ ਜਾਨੇ ਜਿਨ ਮੰਤਾ ॥ ਤਾ ਕੀ ਕਿਛੁ ਕਹਨੁ ਨ ਜਾਈ ॥ ਜਾ ਕਉ ਨਾਮ ਬਡਾਈ ॥੧॥ ਲਾਲੁ ਅਮੋਲਾ ਲਾਲੋ ॥ ਅਗਹ ਅਤੋਲਾ ਨਾਮੋ ॥੧॥ ਰਹਾਉ ॥ ਅਵਿਗਤ ਸਿਉ ਮਾਨਿਆ ਮਾਨੋ ॥ ਗੁਰਮੁਖਿ ਤਤੁ ਗਿਆਨੋ ॥ ਪੇਖਤ ਸਗਲ ਧਿਆਨੋ ॥ ਤਜਿਓ ਮਨ ਤੇ ਅਭਿਮਾਨੋ ॥੨॥ ਨਿਹਚਲੁ ਤਿਨ ਕਾ ਠਾਣਾ ॥ ਗੁਰ ਤੇ ਮਹਲੁ ਪਛਾਣਾ ॥ ਅਨਦਿਨੁ ਗੁਰ ਮਿਲਿ ਜਾਗੇ ॥ ਹਰਿ ਕੀ ਸੇਵਾ ਲਾਗੇ ॥੩॥ ਪੂਰਨ ਤ੍ਰਿਪਤਿ ਅਘਾਏ ॥ ਸਹਜ ਸਮਾਧਿ ਸੁਭਾਏ ॥ ਹਰਿ ਭੰਡਾਰੁ ਹਾਥਿ ਆਇਆ ॥ ਨਾਨਕ ਗੁਰ ਤੇ ਪਾਇਆ ॥੪॥੭॥੨੩॥ {ਪੰਨਾ ੧੦੦੬}

ਪਦ ਅਰਥ :—ਤ੍ਰਿਪਤਿ—ਰੱਜ, ਰਜੇਵਾਂ । ਅਘਾਏ—ਰੱਜ ਗਏ । ਤ੍ਰਿਪਤਿ ਅਘਾਏ—ਪੂਰਨ ਤੌਰ ਤੇ ਰੱਜ ਜਾਂਦੇ ਹਨ । ਗੁਰ...ਮੰਤਾ—ਜਿਨ ਗੁਰ ਮੰਤਾ ਜਾਨੇ, ਜਿਨ੍ਹਾਂ ਨੇ ਗੁਰੂ ਦੇ ਉਪਦੇਸ਼ ਨਾਲ ਡੂੰਘੀ ਸਾਂਝ ਪਾ ਲਈ । ਤਾ ਕੀ—ਉਹਨਾਂ (ਮਨੁੱਖਾਂ) ਦੀ । ਨਾਮ ਬਡਾਈ—ਨਾਮ ਜਪਣ ਦੀ ਇੱਜ਼ਤ (ਮਿਲੀ) ।੧।

ਅਮੋਲਾ—ਜਿਹੜਾ ਕਿਸੇ ਭੀ ਕੀਮਤ ਤੋਂ ਨਾਹ ਮਿਲ ਸਕੇ । ਅਗਹ—{ਅ-ਗਹ} ਜਿਹੜਾ ਪਕੜ ਵਿਚ ਨਾਹ ਆ ਸਕੇ । ਅਤੋਲਾ—ਜਿਸ ਦੇ ਬਰਾਬਰ ਦੀ ਹੋਰ ਕੋਈ ਸ਼ੈ ਨਹੀਂ । ਨਾਮੋ—ਨਾਮ ।੧।ਰਹਾਉ।

ਅਵਿਗਤ—{ਅ॥ਯ#ਤ} ਅਦ੍ਰਿਸ਼ਟ । ਸਿਉ—ਨਾਲ । ਮਾਨੋ—ਮਨੁ, ਮਨ । ਗੁਰਮੁਖਿ—ਗੁਰੂ ਦੀ ਰਾਹੀਂ । ਤਤੁ—ਅਸਲੀਅਤ । ਗਿਆਨੋ—ਆਤਮਕ ਜੀਵਨ ਦੀ ਸੂਝ । ਪੇਖਤ ਸਗਲ—ਸਭ ਨੂੰ ਵੇਖਦਿਆਂ, ਸਭਨਾਂ ਨਾਲ ਮੇਲ-ਮਿਲਾਪ ਰੱਖਦਿਆਂ । ਤੇ—ਤੋਂ ।੨।

ਠਾਣਾ—ਥਾਂ, ਆਤਮਕ ਟਿਕਾਣਾ । ਨਿਹਚਲੁ—ਨਾਹ ਹਿਲਣ ਵਾਲਾ । ਮਹਲੁ—ਪਰਮਾਤਮਾ ਦੀ ਹਜ਼ੂਰੀ । ਪਛਾਣਾ—ਸਾਂਝ ਪਾ ਲਈ । ਅਨਦਿਨੁ—ਹਰ ਰੋਜ਼, ਹਰ ਵੇਲੇ । ਗੁਰਿ ਮਿਲਿ—ਗੁਰੂ ਨੂੰ ਮਿਲ ਕੇ । ਜਾਗੇ—ਮਾਇਆ ਦੇ ਮੋਹ ਦੀ ਨੀਂਦ ਤੋਂ ਸੁਚੇਤ ਹੋ ਗਏ ।੩।

ਸਹਜ—ਆਤਮਕ ਅਡੋਲਤਾ । ਸੁਭਾਏ—ਸੁਭਾਇ, ਪ੍ਰੇਮ ਵਿਚ (ਟਿਕੇ ਹੋਏ) । ਹਾਥਿ—ਹੱਥ ਵਿਚ ।੪।

ਅਰਥ :—ਹੇ ਭਾਈ! ਪਰਮਾਤਮਾ ਦਾ ਨਾਮ ਇਕ ਐਸਾ ਲਾਲ ਹੈ ਜਿਹੜਾ ਕਿਸੇ (ਦੁਨੀਆਵੀ) ਕੀਮਤ ਤੋਂ ਨਹੀਂ ਮਿਲਦਾ, ਜਿਹੜਾ (ਆਸਾਨੀ ਨਾਲ) ਫੜਿਆ ਨਹੀਂ ਜਾ ਸਕਦਾ, ਜਿਸ ਦੇ ਬਰਾਬਰ ਦੀ ਹੋਰ ਕੋਈ ਚੀਜ਼ ਨਹੀਂ ।੧।ਰਹਾਉ।

ਹੇ ਭਾਈ! ਜਿਨ੍ਹਾਂ ਸੰਤ ਜਨਾਂ ਨੇ ਗੁਰੂ ਦੇ ਉਪਦੇਸ਼ ਨਾਲ ਡੂੰਘੀ ਸਾਂਝ ਪਾ ਲਈ, ਉਹ (ਅਮੋਲਕ ਨਾਮ-ਲਾਲ ਵਿਹਾਝ ਕੇ ਮਾਇਆ ਵਲੋਂ) ਪੂਰਨ ਤੌਰ ਤੇ ਰੱਜ ਗਏ । ਜਿਨ੍ਹਾਂ ਨੂੰ ਪਰਮਾਤਮਾ ਦਾ ਨਾਮ ਜਪਣ ਦੀ ਵਡਿਆਈ ਪ੍ਰਾਪਤ ਹੋ ਜਾਂਦੀ ਹੈ ਉਹਨਾਂ ਦੀ (ਆਤਮਕ ਅਵਸਥਾ ਇਤਨੀ ਉੱਚੀ ਬਣ ਜਾਂਦੀ ਹੈ ਕਿ) ਬਿਆਨ ਨਹੀਂ ਕੀਤੀ ਜਾ ਸਕਦੀ ।੧।

ਹੇ ਭਾਈ! (ਜਿਨ੍ਹਾਂ ਨੂੰ ਨਾਮ-ਲਾਲ ਪ੍ਰਾਪਤ ਹੋ ਗਿਆ) ਅਦ੍ਰਿਸ਼ਟ ਪਰਮਾਤਮਾ ਨਾਲ ਉਹਨਾਂ ਦਾ ਮਨ ਪਤੀਜ ਗਿਆ, ਗੁਰੂ ਦੀ ਸਰਨ ਪੈ ਕੇ ਉਹਨਾਂ ਨੂੰ ਅਸਲੀ ਆਤਮਕ ਜੀਵਨ ਦੀ ਸੂਝ ਪ੍ਰਾਪਤ ਹੋ ਗਈ । ਸਾਰੇ ਜਗਤ ਨਾਲ ਮੇਲ-ਮਿਲਾਪ ਰੱਖਦਿਆਂ ਉਹਨਾਂ ਦੀ ਸੁਰਤਿ ਪ੍ਰਭੂ-ਚਰਨਾਂ ਵਿਚ ਰਹਿੰਦੀ ਹੈ, ਉਹ ਆਪਣੇ ਮਨ ਤੋਂ ਅਹੰਕਾਰ ਦੂਰ ਕਰ ਲੈਂਦੇ ਹਨ ।੨।

ਹੇ ਭਾਈ! (ਜਿਨ੍ਹਾਂ ਨੂੰ ਨਾਮ-ਲਾਲ ਮਿਲ ਗਿਆ) ਉਹਨਾਂ ਦਾ ਆਤਮਕ ਟਿਕਾਣਾ ਅਟੱਲ ਹੋ ਜਾਂਦਾ ਹੈ (ਉਹਨਾਂ ਦਾ ਮਨ ਮਾਇਆ ਵਲ ਡੋਲਣੋਂ ਹਟ ਜਾਂਦਾ ਹੈ), ਉਹ ਮਨੁੱਖ ਗੁਰੂ ਪਾਸੋਂ (ਸਿੱਖਿਆ ਲੈ ਕੇ) ਪ੍ਰਭੂ-ਚਰਨਾਂ ਨਾਲ ਡੂੰਘੀ ਸਾਂਝ ਪਾ ਲੈਂਦੇ ਹਨ । ਗੁਰੂ ਨੂੰ ਮਿਲ ਕੇ (ਗੁਰੂ ਦੀ ਸਰਨ ਪੈ ਕੇ) ਉਹ ਹਰ ਵੇਲੇ (ਮਾਇਆ ਦੇ ਹੱਲਿਆਂ ਵੱਲੋਂ) ਸੁਚੇਤ ਰਹਿੰਦੇ ਹਨ, ਤੇ, ਸਦਾ ਪਰਮਾਤਮਾ ਦੀ ਸੇਵਾ-ਭਗਤੀ ਵਿਚ ਲੱਗੇ ਰਹਿੰਦੇ ਹਨ ।੩।

ਹੇ ਭਾਈ! (ਜਿਨ੍ਹਾਂ ਨੂੰ ਨਾਮ-ਲਾਲ ਮਿਲ ਜਾਂਦਾ ਹੈ) ਉਹ ਮਾਇਆ ਦੀ ਤ੍ਰਿਸ਼ਨਾ ਵੱਲੋਂ ਪੂਰਨ ਤੌਰ ਤੇ ਰੱਜੇ ਰਹਿੰਦੇ ਹਨ, ਉਹ ਪ੍ਰਭੂ ਦੇ ਪਿਆਰ ਵਿਚ ਟਿਕੇ ਰਹਿੰਦੇ ਹਨ, ਉਹਨਾਂ ਦੀ ਆਤਮਕ ਅਡੋਲਤਾ ਵਾਲੀ ਸਮਾਧੀ ਬਣੀ ਰਹਿੰਦੀ ਹੈ, (ਕਿਉਂਕਿ) ਪਰਮਾਤਮਾ ਦਾ ਨਾਮ-ਖ਼ਜ਼ਾਨਾ ਉਹਨਾਂ ਦੇ ਹੱਥ ਆ ਜਾਂਦਾ ਹੈ ।

ਪਰ, ਹੇ ਨਾਨਕ! (ਇਹ ਖ਼ਜ਼ਾਨਾ) ਗੁਰੂ ਪਾਸੋਂ ਹੀ ਮਿਲਦਾ ਹੈ ।੪।੭।੨੩।

ਮਾਰੂ ਮਹਲਾ ੫ ਘਰੁ ੬ ਦੁਪਦੇ
ੴ ਸਤਿਗੁਰ ਪ੍ਰਸਾਦਿ ॥ ਛੋਡਿ ਸਗਲ ਸਿਆਣਪਾ ਮਿਲਿ ਸਾਧ ਤਿਆਗਿ ਗੁਮਾਨੁ ॥ ਅਵਰੁ ਸਭੁ ਕਿਛੁ ਮਿਥਿਆ, ਰਸਨਾ ਰਾਮ ਰਾਮ ਵਖਾਨੁ ॥੧॥ ਮੇਰੇ ਮਨ ਕਰਨ ਸੁਣਿ ਹਰਿ ਨਾਮੁ ॥ ਮਿਟਹਿ ਅਘ ਤੇਰੇ ਜਨਮ ਜਨਮ ਕੇ, ਕਵਨੁ ਬਪੁਰੋ ਜਾਮੁ ॥੧॥ ਰਹਾਉ ॥ ਦੂਖ ਦੀਨ ਨ ਭਉ ਬਿਆਪੈ ਮਿਲੈ ਸੁਖ ਬਿਸ੍ਰਾਮੁ ॥ ਗੁਰ ਪ੍ਰਸਾਦਿ ਨਾਨਕੁ ਬਖਾਨੈ ਹਰਿ ਭਜਨੁ ਤਤੁ ਗਿਆਨੁ ॥੨॥੧॥੨੪॥ {ਪੰਨਾ ੧੦੦੬}

ਪਦ ਅਰਥ :—ਸਗਲ—ਸਾਰੀਆਂ । ਮਿਲਿ ਸਾਧ—ਗੁਰੂ ਨੂੰ ਮਿਲ ਕੇ । ਗੁਮਾਨੁ—ਅਹੰਕਾਰ । ਮਿਥਿਆ—ਨਾਸਵੰਤ । ਰਸਨਾ—ਜੀਭ ਨਾਲ । ਵਖਾਨੁ—ਉੱਚਾਰਨ ਕਰ ।੧।

ਮਨ—ਹੇ ਮਨ! ਕਰਨ—ਕੰਨਾਂ ਨਾਲ । ਮਿਟਹਿ—ਮਿਟ ਜਾਣਗੇ । ਅਘ—ਪਾਪ {ਬਹੁ-ਵਚਨ} । ਜਾਮੁ—ਜਮ । ਬਪੁਰਾ—ਵਿਚਾਰਾ ।੧।ਰਹਾਉ।

ਦੀਨ—ਦੀਨਤਾ, ਮੁਥਾਜੀ । ਨ ਬਿਆਪੈ—ਆਪਣਾ ਜ਼ੋਰ ਨਹੀਂ ਪਾ ਸਕਦਾ । ਮਿਲੈ—ਮਿਲ ਜਾਂਦਾ ਹੈ । ਸੁਖ ਬਿਸ੍ਰਾਮ—ਸੁਖਾਂ ਵਿਚ ਟਿਕਾਣਾ । ਗੁਰ ਪ੍ਰਸਾਦਿ—ਗੁਰੂ ਦੀ ਕਿਰਪਾ ਨਾਲ । ਨਾਨਕੁ ਬਖਾਨੈ—ਨਾਨਕ ਆਖਦਾ ਹੈ । ਤਤੁ ਗਿਆਨੁ—ਅਸਲ ਆਤਮਕ ਜੀਵਨ ਦੀ ਸੂਝ ।੨।

ਅਰਥ :—ਹੇ ਮੇਰੇ ਮਨ! ਕੰਨਾਂ ਨਾਲ ਪਰਮਾਤਮਾ ਦਾ ਨਾਮ ਸੁਣਿਆ ਕਰ । (ਨਾਮ ਦੀ ਬਰਕਤਿ ਨਾਲ) ਤੇਰੇ ਅਨੇਕਾਂ ਜਨਮਾਂ ਦੇ (ਕੀਤੇ ਹੋਏ) ਪਾਪ ਮਿਟ ਜਾਣਗੇ । ਵਿਚਾਰਾ ਜਮ ਭੀ ਕੌਣ ਹੈ (ਜੋ ਤੈਨੂੰ ਡਰਾ ਸਕੇ)? ।੧।ਰਹਾਉ।

ਹੇ ਭਾਈ! ਸਾਰੀਆਂ (ਢੋਕੀਆਂ) ਚਤੁਰਾਈਆਂ ਛੱਡ ਦੇਹ, ਗੁਰੂ ਨੂੰ ਮਿਲ ਕੇ (ਆਪਣੇ ਅੰਦਰੋਂ) ਅਹੰਕਾਰ ਦੂਰ ਕਰ । ਆਪਣੀ ਜੀਭ ਨਾਲ ਪਰਮਾਤਮਾ ਦਾ ਨਾਮ ਸਿਮਰਿਆ ਕਰ । (ਨਾਮ ਤੋਂ ਬਿਨਾ) ਹੋਰ ਸਭ ਕੁਝ ਨਾਸਵੰਤ ਹੈ ।੧।

ਹੇ ਭਾਈ! ਨਾਨਕ ਆਖਦਾ ਹੈ (ਜਿਹੜਾ ਮਨੁੱਖ ਨਾਮ ਸਿਮਰਦਾ ਹੈ ਉਸ ਉੱਤੇ ਦੁਨੀਆ ਦੇ) ਦੁੱਖ, ਮੁਥਾਜੀ, (ਹਰੇਕ ਕਿਸਮ ਦਾ) ਡਰ—(ਇਹਨਾਂ ਵਿਚੋਂ ਕੋਈ ਭੀ) ਆਪਣਾ ਜ਼ੋਰ ਨਹੀਂ ਪਾ ਸਕਦਾ । ਪਰਮਾਤਮਾ ਦਾ ਭਜਨ ਕਰਨਾ ਹੀ ਅਸਲ ਆਤਮਕ ਜੀਵਨ ਦੀ ਸੂਝ ਹੈ (ਪਰ ਇਹ ਨਾਮ) ਗੁਰੂ ਦੀ ਕਿਰਪਾ ਨਾਲ (ਹੀ ਮਿਲਦਾ ਹੈ) ।੨।੧।੨੪।

ਮਾਰੂ ਮਹਲਾ ੫ ॥ ਜਿਨੀ ਨਾਮੁ ਵਿਸਾਰਿਆ ਸੇ ਹੋਤ ਦੇਖੇ ਖੇਹ ॥ ਪੁਤ੍ਰ ਮਿਤ੍ਰ ਬਿਲਾਸ ਬਨਿਤਾ ਤੂਟਤੇ ਏ ਨੇਹ ॥੧॥ ਮੇਰੇ ਮਨ ਨਾਮੁ ਨਿਤ ਨਿਤ ਲੇਹ ॥ ਜਲਤ ਨਾਹੀ ਅਗਨਿ ਸਾਗਰ ਸੂਖੁ ਮਨਿ ਤਨਿ ਦੇਹ ॥੧॥ ਰਹਾਉ ॥ ਬਿਰਖ ਛਾਇਆ ਜੈਸੇ ਬਿਨਸਤ ਪਵਨ ਝੂਲਤ ਮੇਹ ॥ ਹਰਿ ਭਗਤਿ ਦ੍ਰਿੜੁ ਮਿਲੁ ਸਾਧ ਨਾਨਕ ਤੇਰੈ ਕਾਮਿ ਆਵਤ ਏਹ ॥੨॥੨॥੨੫॥ {ਪੰਨਾ ੧੦੦੬}

ਪਦ ਅਰਥ :—ਸੇ—ਉਹ {ਬਹੁ-ਵਚਨ} । ਹੋਤ ਦੇਖੇ ਖੇਹ—ਖੇਹ ਹੋਤ ਦੇਖੇ, ਸੁਆਹ ਹੁੰਦੇ ਵੇਖੇ ਜਾਂਦੇ ਹਨ, ਵਿਕਾਰਾਂ ਦੀ ਅੱਗ ਦੇ ਸਮੁੰਦਰ ਵਿਚ ਸੜ ਕੇ ਸੁਆਹ ਹੁੰਦੇ ਵੇਖੇ ਜਾਂਦੇ ਹਨ । ਬਿਲਾਸ—ਰੰਗ-ਰਲੀਆਂ । ਬਨਿਤਾ—ਇਸਤ੍ਰੀ । ਏ ਨੇਹ—ਇਹ ਸਾਰੇ ਪਿਆਰ ।੧।

ਮਨ—ਹੇ ਮਨ! ਨਿਤ ਨਿਤ—ਸਦਾ ਹੀ । ਜਲਤ ਨਾਹੀ—ਸੜਦਾ ਨਹੀਂ । ਅਗਨਿ ਸਾਗਰ—ਤ੍ਰਿਸ਼ਨਾ ਦੀ ਅੱਗ ਦਾ ਸਮੁੰਦਰ । ਮਨਿ—ਮਨ ਵਿਚ । ਤਨਿ—ਤਨ ਵਿਚ । ਦੇਹ—ਸਰੀਰ ।੧।ਰਹਾਉ।

ਬਿਰਖ—ਰੁੱਖ । ਛਾਇਆ—ਛਾਂ । ਪਵਨ—ਹਵਾ । ਮੇਹ—ਮੇਘ, ਬੱਦਲ । ਝੂਲਤ—ਉਡਾ ਕੇ ਲੈ ਜਾਂਦੀ ਹੈ । ਦ੍ਰਿੜੁ—ਹਿਰਦੇ ਵਿਚ ਪੱਕੀ ਕਰ । ਮਿਲੁ ਸਾਧ—ਗੁਰੂ ਨੂੰ ਮਿਲ । ਤੇਰੈ ਕਾਮਿ—ਤੇਰੇ ਕੰਮ ਵਿਚ । ਏਹ—ਇਹ ਭਗਤੀ ਹੀ ।੨।

ਅਰਥ :—ਹੇ ਮੇਰੇ ਮਨ! ਸਦਾ ਹੀ ਪਰਮਾਤਮਾ ਦਾ ਨਾਮ ਜਪਿਆ ਕਰ । (ਹੇ ਭਾਈ! ਜਿਹੜਾ ਮਨੁੱਖ ਪਰਮਾਤਮਾ ਦਾ ਨਾਮ ਜਪਦਾ ਹੈ ਉਹ ਤ੍ਰਿਸ਼ਨਾ ਦੀ) ਅੱਗ ਦੇ ਸਮੁੰਦਰਾਂ ਵਿਚ ਸੜਦਾ ਨਹੀਂ, ਉਸ ਦੇ ਮਨ ਵਿਚ ਤਨ ਵਿਚ ਦੇਹੀ ਵਿਚ ਸੁਖ-ਆਨੰਦ ਬਣਿਆ ਰਹਿੰਦਾ ਹੈ ।੧।ਰਹਾਉ।

(ਹੇ ਮੇਰੇ ਮਨ!) ਜਿਨ੍ਹਾਂ ਮਨੁੱਖਾਂ ਨੇ ਪਰਮਾਤਮਾ ਦਾ ਨਾਮ ਭੁਲਾ ਦਿੱਤਾ, ਉਹ (ਵਿਕਾਰਾਂ ਦੀ ਅੱਗ ਦੇ ਸਮੁੰਦਰ ਵਿਚ ਸੜ ਕੇ) ਸੁਆਹ ਹੁੰਦੇ ਵੇਖੇ ਜਾਂਦੇ ਹਨ । ਪੁੱਤਰ, ਮਿੱਤਰ, ਇਸਤ੍ਰੀ (ਆਦਿਕ ਸਨਬੰਧੀ ਜਿਨ੍ਹਾਂ ਨਾਲ ਮਨੁੱਖ ਦੁਨੀਆ ਦੀਆਂ) ਰੰਗ-ਰਲੀਆਂ (ਮਾਣਦਾ ਹੈ)—ਇਹ ਸਾਰੇ ਪਿਆਰ (ਆਖ਼ਿਰ) ਟੁੱਟ ਜਾਂਦੇ ਹਨ ।੧।

ਹੇ ਨਾਨਕ! (ਆਖ—ਹੇ ਭਾਈ!) ਜਿਵੇਂ ਰੁੱਖ ਦੀ ਛਾਂ ਨਾਸ ਹੋ ਜਾਂਦੀ ਹੈ, (ਛੇਤੀ ਬਦਲਦੀ ਜਾਂਦੀ ਹੈ) ਜਿਵੇਂ ਹਵਾ ਬੱਦਲਾਂ ਨੂੰ ਉਡਾ ਕੇ ਲੈ ਜਾਂਦੀ ਹੈ (ਤੇ ਉਹਨਾਂ ਦੀ ਛਾਂ ਮੁੱਕ ਜਾਂਦੀ ਹੈ ਇਸੇ ਤਰ੍ਹਾਂ ਦੁਨੀਆ ਦੇ ਬਿਲਾਸ ਨਾਸਵੰਤ ਹਨ) । ਹੇ ਭਾਈ! ਗੁਰੂ ਨੂੰ ਮਿਲ ਅਤੇ ਆਪਣੇ ਹਿਰਦੇ ਵਿਚ ਪਰਮਾਤਮਾ ਦੀ ਭਗਤੀ ਪੱਕੀ ਕਰ । ਇਹੀ ਤੇਰੇ ਕੰਮ ਆਉਣ ਵਾਲੀ ਹੈ ।੨।੨।੨੫।

ਮਾਰੂ ਮਹਲਾ ੫ ॥ ਪੁਰਖੁ ਪੂਰਨ ਸੁਖਹ ਦਾਤਾ ਸੰਗਿ ਬਸਤੋ ਨੀਤ ॥ ਮਰੈ ਨ ਆਵੈ ਨ ਜਾਇ ਬਿਨਸੈ ਬਿਆਪਤ ਉਸਨ ਨ ਸੀਤ ॥੧॥ ਮੇਰੇ ਮਨ ਨਾਮ ਸਿਉ ਕਰਿ ਪ੍ਰੀਤਿ ॥ ਚੇਤਿ ਮਨ ਮਹਿ ਹਰਿ ਹਰਿ ਨਿਧਾਨਾ ਏਹ ਨਿਰਮਲ ਰੀਤਿ ॥੧॥ ਰਹਾਉ ॥ ਕ੍ਰਿਪਾਲ ਦਇਆਲ ਗੋਪਾਲ ਗੋਬਿਦ ਜੋ ਜਪੈ ਤਿਸੁ ਸੀਧਿ ॥ ਨਵਲ ਨਵਤਨ ਚਤੁਰ ਸੁੰਦਰ ਮਨੁ ਨਾਨਕ ਤਿਸੁ ਸੰਗਿ ਬੀਧਿ ॥੨॥੩॥੨੬॥ {ਪੰਨਾ ੧੦੦੬}

ਪਦ ਅਰਥ :—ਪੁਰਖੁ ਪੂਰਨ—ਸਰਬ-ਵਿਆਪਕ ਪਰਮਾਤਮਾ । ਸੁਖਹ ਦਾਤਾ—ਸਾਰੇ ਸੁਖਾਂ ਦਾ ਦੇਣ ਵਾਲਾ । ਸੰਗਿ—(ਹਰੇਕ ਦੇ) ਨਾਲ । ਨੀਤ—ਸਦਾ । ਆਵੈ ਨ ਜਾਇ—ਨਾਹ ਜੰਮਦਾ ਹੈ ਨਾਹ ਮਰਦਾ ਹੈ । ਉਸਨ—ਗਰਮੀ, ਸੋਗ । ਸੀਤ—ਠੰਢਕ, ਖ਼ੁਸ਼ੀ, ਹਰਖ । ਨ ਬਿਆਪਤ—ਜ਼ੋਰ ਨਹੀਂ ਪਾ ਸਕਦਾ ।੧।

ਮਨ—ਹੇ ਮਨ! ਸਿਉ—ਨਾਲ । ਮਨ ਮਹਿ—ਮਨ ਵਿਚ । ਚੇਤਿ—ਚੇਤੇ ਕਰ, ਯਾਦ ਕਰ । ਨਿਧਾਨਾ—(ਸਾਰੇ ਗੁਣਾਂ ਦਾ) ਖ਼ਜ਼ਾਨਾ । ਰੀਤਿ—ਜੀਵਨ-

ਮਰਯਾਦਾ, ਜ਼ਿੰਦਗੀ ਗੁਜ਼ਾਰਨ ਦਾ ਤਰੀਕਾ । ਨਿਰਮਲ—ਪਵਿੱਤਰ ।੧।ਰਹਾਉ।

ਗੋਪਾਲ—ਸ੍ਰਿਸ਼ਟੀ ਦਾ ਪਾਲਣ ਵਾਲਾ । ਸੀਧਿ—ਸਿੱਧੀ, ਸਫਲਤਾ, ਕਾਮਯਾਬੀ । ਨਵਲ—ਨਵਾਂ । ਨਵਤਨ—ਨਵਾਂ । ਚਤੁਰ—ਸਿਆਣਾ । ਨਾਨਕ—ਹੇ ਨਾਨਕ! ਬੀਧਿ—ਵਿੰਨ੍ਹ ਲੈ, ਪ੍ਰੋ ਰੱਖ ।੨।

ਅਰਥ :—ਹੇ ਮੇਰੇ ਮਨ! ਪਰਮਾਤਮਾ ਦੇ ਨਾਮ ਨਾਲ ਪਿਆਰ ਪਾਈ ਰੱਖ । ਹੇ ਭਾਈ! ਜਿਹੜਾ ਪ੍ਰਭੂ ਸਾਰੇ ਗੁਣਾਂ ਦਾ ਖ਼ਜ਼ਾਨਾ ਹੈ ਉਸ ਨੂੰ ਆਪਣੇ ਮਨ ਵਿਚ ਯਾਦ ਕਰਿਆ ਕਰ । ਜ਼ਿੰਦਗੀ ਨੂੰ ਪਵਿੱਤਰ ਰੱਖਣ ਦਾ ਇਹੀ ਤਰੀਕਾ ਹੈ ।੧।ਰਹਾਉ।

ਹੇ ਮੇਰੇ ਮਨ! ਉਹ ਸਰਬ-ਵਿਆਪਕ ਪਰਮਾਤਮਾ ਸਾਰੇ ਸੁਖ ਦੇਣ ਵਾਲਾ ਹੈ, ਅਤੇ ਸਦਾ ਹੀ (ਹਰੇਕ ਦੇ) ਨਾਲ ਵੱਸਦਾ ਹੈ । ਉਹ ਨਾਹ ਜੰਮਦਾ ਹੈ ਨਾਹ ਮਰਦਾ ਹੈ, ਉਹ ਨਾਸ-ਰਹਿਤ ਹੈ । ਨਾਹ ਖ਼ੁਸ਼ੀ ਨਾਹ ਗ਼ਮੀ—ਕੋਈ ਭੀ ਉਸ ਉਤੇ ਆਪਣਾ ਜ਼ੋਰ ਨਹੀਂ ਪਾ ਸਕਦੀ ।੧।

ਹੇ ਭਾਈ! ਪਰਮਾਤਮਾ ਕਿਰਪਾ ਦਾ ਘਰ ਹੈ ਦਇਆ ਦਾ ਸੋਮਾ ਹੈ, ਸ੍ਰਿਸ਼ਟੀ ਦਾ ਪਾਲਣ ਵਾਲਾ ਗੋਬਿੰਦ ਹੈ । ਜਿਹੜਾ ਮਨੁੱਖ (ਉਸ ਦਾ ਨਾਮ) ਜਪਦਾ ਹੈ ਉਸ ਨੂੰ ਜ਼ਿੰਦਗੀ ਵਿਚ ਕਾਮਯਾਬੀ ਪ੍ਰਾਪਤ ਹੋ ਜਾਂਦੀ ਹੈ । ਹੇ ਨਾਨਕ! (ਆਖ—ਹੇ ਭਾਈ!) ਪਰਮਾਤਮਾ ਹਰ ਵੇਲੇ ਨਵਾਂ ਹੈ (ਪਰਮਾਤਮਾ ਦਾ ਪਿਆਰ ਹਰ ਵੇਲੇ ਨਵਾਂ ਹੈ), ਪਰਮਾਤਮਾ ਸਿਆਣਾ ਹੈ ਸੋਹਣਾ ਹੈ । ਉਸ ਨਾਲ (ਉਸ ਦੇ ਚਰਨਾਂ ਵਿਚ) ਆਪਣਾ ਮਨ ਪ੍ਰੋਈ ਰੱਖ ।੨।੩।੨੬।

ਮਾਰੂ ਮਹਲਾ ੫ ॥ ਚਲਤ ਬੈਸਤ ਸੋਵਤ ਜਾਗਤ ਗੁਰ ਮੰਤ੍ਰੁ ਰਿਦੈ ਚਿਤਾਰਿ ॥ ਚਰਣ ਸਰਣ ਭਜੁ ਸੰਗਿ ਸਾਧੂ ਭਵ ਸਾਗਰ ਉਤਰਹਿ ਪਾਰਿ ॥੧॥ ਮੇਰੇ ਮਨ ਨਾਮੁ ਹਿਰਦੈ ਧਾਰਿ ॥ ਕਰਿ ਪ੍ਰੀਤਿ ਮਨੁ ਤਨੁ ਲਾਇ ਹਰਿ ਸਿਉ ਅਵਰ ਸਗਲ ਵਿਸਾਰਿ ॥੧॥ ਰਹਾਉ ॥ ਜੀਉ ਮਨੁ ਤਨੁ ਪ੍ਰਾਣ ਪ੍ਰਭ ਕੇ ਤੂ ਆਪਨ ਆਪੁ ਨਿਵਾਰਿ ॥ ਗੋਵਿਦ ਭਜੁ ਸਭਿ ਸੁਆਰਥ ਪੂਰੇ ਨਾਨਕ ਕਬਹੁ ਨ ਹਾਰਿ ॥੨॥੪॥੨੭॥ {ਪੰਨਾ ੧੦੦੬-੧੦੦੭}

ਪਦ ਅਰਥ :—ਚਲਤ—ਤੁਰਦਿਆਂ ਫਿਰਦਿਆਂ । ਗੁਰ ਮੰਤ੍ਰੁ—ਗੁਰੂ ਦਾ ਉਪਦੇਸ਼ । ਰਿਦੈ—ਹਿਰਦੇ ਵਿਚ । ਭਜੁ—ਜਾ ਪਉ । ਸੰਗਿ ਸਾਧੂ—ਗੁਰੂ ਦੀ ਸੰਗਤਿ ਵਿਚ । ਭਾਵ ਸਾਗਰ—ਸੰਸਾਰ-ਸਮੁੰਦਰ ।੧।

ਮਨ—ਹੇ ਮਨ! ਧਾਰਿ—ਟਿਕਾਈ ਰੱਖ । ਸਿਉ—ਨਾਲ । ਵਿਸਾਰਿ—ਵਿਸਾਰ ਕੇ, ਭੁਲਾ ਕੇ ।੧।ਰਹਾਉ।

ਜੀਉ—ਜਿੰਦ । ਆਪਨ ਆਪੁ—ਆਪਣੇ ਆਪ ਨੂੰ, ਆਪਾ-ਭਾਵ, ਅਹੰਕਾਰ । ਨਿਵਾਰਿ—ਦੂਰ ਕਰ । ਸਭਿ—ਸਾਰੇ । ਸੁਆਰਥ—ਮਨੋਰਥ, ਲੋੜਾਂ । ਨਾਨਕ—ਹੇ ਨਾਨਕ! ।੨।

ਅਰਥ :—ਹੇ ਮੇਰੇ ਮਨ! ਪਰਮਾਤਮਾ ਦਾ ਨਾਮ ਹਿਰਦੇ ਵਿਚ ਟਿਕਾਈ ਰੱਖ । ਹੇ ਭਾਈ! ਮਨ ਲਾ ਕੇ ਤਨ ਲਾ ਕੇ (ਤਨੋਂ ਮਨੋਂ) ਹੋਰ ਸਾਰੇ (ਚਿੰਤਾ-ਫ਼ਿਕਰ) ਭੁਲਾ ਕੇ ਪਰਮਾਤਮਾ ਨਾਲ ਪਿਆਰ ਬਣਾਈ ਰੱਖ ।੧।ਰਹਾਉ।

ਹੇ ਭਾਈ! ਤੁਰਦਿਆਂ ਫਿਰਦਿਆਂ, ਬੈਠਦਿਆਂ, ਸੁੱਤੇ ਪਿਆਂ, ਜਾਗਦਿਆਂ—ਹਰ ਵੇਲੇ ਗੁਰੂ ਦਾ ਉਪਦੇਸ਼ ਹਿਰਦੇ ਵਿਚ ਚੇਤੇ ਰੱਖ । ਗੁਰੂ ਦੀ ਸੰਗਤਿ ਵਿਚ ਰਹਿ ਕੇ (ਪਰਮਾਤਮਾ ਦੇ) ਚਰਨਾਂ ਦਾ ਆਸਰਾ ਲੈ, (ਇਸ ਤਰ੍ਹਾਂ) ਤੂੰ ਸੰਸਾਰ-ਸਮੁੰਦਰ ਤੋਂ ਪਾਰ ਲੰਘ ਜਾਹਿˆਗਾ ।੧।

ਹੇ ਨਾਨਕ! (ਆਖ—ਹੇ ਭਾਈ) ਇਹ ਜਿੰਦ, ਇਹ ਮਨ, ਇਹ ਸਰੀਰ, ਇਹ ਪ੍ਰਾਣ—(ਸਭ ਕੁਝ) ਪਰਮਾਤਮਾ ਦੇ ਹੀ ਦਿੱਤੇ ਹੋਏ ਹਨ (ਤੂੰ ਮਾਣ ਕਿਸ ਗੱਲ ਦਾ ਕਰਦਾ ਹੈਂ?) ਆਪਾ-ਭਾਵ ਦੂਰ ਕਰ । ਗੋਬਿੰਦ ਦਾ ਭਜਨ ਕਰਿਆ ਕਰ, ਤੇਰੀਆਂ ਸਾਰੀਆਂ ਲੋੜਾਂ ਭੀ ਪੂਰੀਆਂ ਹੋਣਗੀਆਂ, ਤੇ, (ਮਨੁੱਖਾ ਜਨਮ ਦੀ ਬਾਜ਼ੀ ਭੀ) ਕਦੇ ਨਹੀਂ ਹਾਰੇਂਗਾ ।੨।੪।੨੭।

ਮਾਰੂ ਮਹਲਾ ੫ ॥ ਤਜਿ ਆਪੁ ਬਿਨਸੀ ਤਾਪੁ ਰੇਣ ਸਾਧੂ ਥੀਉ ॥ ਤਿਸਹਿ ਪਰਾਪਤਿ ਨਾਮੁ ਤੇਰਾ ਕਰਿ ਕ੍ਰਿਪਾ ਜਿਸੁ ਦੀਉ ॥੧॥ ਮੇਰੇ ਮਨ ਨਾਮੁ ਅੰਮ੍ਰਿਤੁ ਪੀਉ ॥ ਆਨ ਸਾਦ ਬਿਸਾਰਿ ਹੋਛੇ ਅਮਰੁ ਜੁਗੁ ਜੁਗੁ ਜੀਉ ॥੧॥ ਰਹਾਉ ॥ ਨਾਮੁ ਇਕ ਰਸ, ਰੰਗ ਨਾਮਾ, ਨਾਮਿ ਲਾਗੀ ਲੀਉ ॥ ਮੀਤੁ ਸਾਜਨੁ ਸਖਾ ਬੰਧਪੁ ਹਰਿ ਏਕੁ ਨਾਨਕ ਕੀਉ ॥੨॥੫॥੨੮॥ {ਪੰਨਾ ੧੦੦੭}

ਪਦ ਅਰਥ :—ਤਜਿ—ਛੱਡ । ਆਪੁ—ਆਪਾ-ਭਾਵ । ਬਿਨਸੀ—ਨਾਸ ਹੋ ਜਾਇਗਾ । ਤਾਪੁ—ਚਿੰਤਾ-ਫ਼ਿਕਰ, ਕਲੇਸ਼ । ਰੇਣ ਸਾਧੂ—ਗੁਰੂ ਦੀ ਚਰਨ-ਧੂੜ । ਥੀਉ—ਹੋ ਜਾ । ਤਿਸਹਿ—{ਤਿਸੁ ਹੀ । ਕ੍ਰਿਆ ਵਿਸ਼ੇਸ਼ਣ 'ਹੀ' ਦੇ ਕਾਰਨ ਲਫ਼ਜ਼ 'ਤਿਸੁ' ਦਾ _ ਉੱਡ ਗਿਆ ਹੈ} । ਕਰਿ—ਕਰ ਕੇ । ਦੀਉ—(ਤੂੰ) ਦਿੱਤਾ ਹੈ ।੧।

ਮਨ—ਹੇ ਮਨ! ਅੰਮ੍ਰਿਤੁ—ਆਤਮਕ ਜੀਵਨ ਦੇਣ ਵਾਲਾ ਜਲ । ਆਨ ਸਾਦ—ਹੋਰ ਸਾਰੇ ਸੁਆਦ । ਹੋਛੇ—ਛੇਤੀ ਨਾਸ ਹੋ ਜਾਣ ਵਾਲੇ । ਅਮਰੁ—ਅਟੱਲ ਆਤਮਕ ਜੀਵਨ ਦਾ ਮਾਲਕ । ਜੁਗੁ ਜੁਗੁ—ਸਦਾ ਲਈ । ਜੀਉ—ਜੀਵੋ ।੧।ਰਹਾਉ।

ਨਾਮੁ ਇਕ—ਇਕ (ਪ੍ਰਭੂ) ਦਾ ਨਾਮ । ਰਸ—(ਮਾਇਕ ਪਦਾਰਥਾਂ ਦੇ) ਸੁਆਦ । ਰੰਗ—(ਦੁਨੀਆ ਦੇ) ਰੰਗ-ਤਮਾਸ਼ੇ । ਨਾਮਿ—ਨਾਮ ਵਿਚ । ਲੀਉ—ਲਿਵ । ਬੰਧਪੁ—ਰਿਸ਼ਤੇਦਾਰ । ਕੀਉ—ਕੀਤਾ । ਨਾਨਕ—ਹੇ ਨਾਨਕ! ।੨।

ਅਰਥ :—ਹੇ ਮੇਰੇ ਮਨ! ਆਤਮਕ ਜੀਵਨ ਦੇ ਵਾਲਾ ਹਰਿ-ਨਾਮ-ਜਲ ਪੀਆ ਕਰ (ਨਾਮ ਦੀ ਬਰਕਤਿ ਨਾਲ) ਹੋਰ ਸਾਰੇ (ਮਾਇਕ ਪਦਾਰਥਾਂ ਦੇ) ਨਾਸਵੰਤ ਚਸਕੇ ਭੁਲਾ ਕੇ ਸਦਾ ਲਈ ਅਟੱਲ ਆਤਮਕ ਜੀਵਨ ਵਾਲੀ ਜ਼ਿੰਦਗੀ ਗੁਜ਼ਾਰ ।੧।ਰਹਾਉ।

ਹੇ ਮੇਰੇ ਮਨ! ਆਪਾ-ਭਾਵ ਛੱਡ ਦੇਹ, ਗੁਰੂ ਦੀ ਚਰਨ-ਧੂੜ ਬਣ ਜਾ, ਤੇਰਾ ਸਾਰਾ ਦੁੱਖ-ਕਲੇਸ਼ ਦੂਰ ਹੋ ਜਾਇਗਾ । ਹੇ ਪ੍ਰਭੂ! ਤੇਰਾ ਨਾਮ ਉਸੇ ਮਨੁੱਖ ਨੂੰ

ਮਿਲਦਾ ਹੈ, ਜਿਸ ਨੂੰ ਤੂੰ ਆਪ ਮਿਹਰ ਕਰ ਕੇ ਦੇਂਦਾ ਹੈਂ ।੧।

ਹੇ ਨਾਨਕ! (ਆਖ—ਹੇ ਭਾਈ!) ਜਿਸ ਮਨੁੱਖ ਨੇ ਇੱਕ ਪਰਮਾਤਮਾ ਨੂੰ ਹੀ ਆਪਣਾ ਸੱਜਣ ਮਿੱਤਰ ਤੇ ਸਨਬੰਧੀ ਬਣਾ ਲਿਆ, ਉਸ ਦੀ ਲਿਵ ਸਦਾ ਪਰਮਾਤਮਾ ਦੇ ਨਾਮ ਵਿਚ ਲੱਗੀ ਰਹਿੰਦੀ ਹੈ, ਪਰਮਾਤਮਾ ਦਾ ਨਾਮ ਹੀ ਉਸ ਦੇ ਵਾਸਤੇ (ਮਾਇਕ ਪਦਾਰਥਾਂ ਦੇ ਸੁਆਦ ਹਨ), ਨਾਮ ਹੀ ਉਸ ਲਈ ਦੁਨੀਆ ਦੇ ਰੰਗ-ਤਮਾਸ਼ੇ ਹਨ ।੨।੫।੨੮।

ਮਾਰੂ ਮਹਲਾ ੫ ॥ ਪ੍ਰਤਿਪਾਲਿ ਮਾਤਾ ਉਦਰਿ ਰਾਖੈ ਲਗਨਿ ਦੇਤ ਨ ਸੇਕ ॥ ਸੋਈ ਸੁਆਮੀ ਈਹਾ ਰਾਖੈ ਬੂਝੁ ਬੁਧਿ ਬਿਬੇਕ ॥੧॥ ਮੇਰੇ ਮਨ ਨਾਮ ਕੀ ਕਰਿ ਟੇਕ ॥ ਤਿਸਹਿ ਬੂਝੁ ਜਿਨਿ ਤੂ ਕੀਆ ਪ੍ਰਭੁ ਕਰਣ ਕਾਰਣ ਏਕ ॥੧॥ ਰਹਾਉ ॥ ਚੇਤਿ ਮਨ ਮਹਿ ਤਜਿ ਸਿਆਣਪ ਛੋਡਿ ਸਗਲੇ ਭੇਖ ॥ ਸਿਮਰਿ ਹਰਿ ਹਰਿ ਸਦਾ ਨਾਨਕ ਤਰੇ ਕਈ ਅਨੇਕ ॥੨॥੬॥੨੯॥ {ਪੰਨਾ ੧੦੦੭}

ਪਦ ਅਰਥ :—ਪ੍ਰਤਿਪਾਲਿ—ਪਾਲਣਾ ਕਰ ਕੇ । ਉਦਰਿ—ਉਦਰ ਵਿਚ । ਮਾਤਾ ਉਦਰਿ—ਮਾਂ ਦੇ ਪੇਟ ਵਿਚ । ਰਾਖੈ—ਰੱਖਿਆ ਕਰਦਾ ਹੈ । ਸੋਈ—ਉਹੀ । ਸੁਆਮੀ—ਮਾਲਕ । ਈਹਾ—ਇਥੇ, ਇਸ ਜਗਤ ਵਿਚ । ਬੂਝੁ—(ਹੇ ਭਾਈ!) ਸਮਝ ਕਰ । ਬਿਬੇਕ—ਪਰਖ । ਬੁਧਿ ਬਿਬੇਕ—ਪਰਖ ਦੀ ਬੁੱਧੀ ਨਾਲ ।੧।

ਮਨ—ਹੇ ਮਨ! ਟੇਕ—ਸਹਾਰਾ । ਤਿਸਹਿ—{ਕ੍ਰਿਆ ਵਿਸ਼ੇਸ਼ਣ 'ਹੀ' ਦੇ ਕਾਰਨ ਲਫ਼ਜ਼ 'ਤਿਸੁ' ਦਾ ੁ ਉੱਡ ਗਿਆ ਹੈ} । ਜਿਨਿ—ਜਿਸ (ਪ੍ਰਭੂ) ਨੇ । ਤੂੰ—ਤੈਨੂੰ । ਕਰਣ—ਸ੍ਰਿਸ਼ਟੀ । ਕਰਣ ਕਾਰਣ—ਸ੍ਰਿਸ਼ਟੀ ਦਾ ਮੂਲ ।੧।ਰਹਾਉ।

ਚੇਤਿ—ਚੇਤੇ ਕਰ, ਯਾਦ ਕਰਦਾ ਰਹੁ । ਤਜਿ—ਤਜ ਕੇ, ਛੱਡ ਕੇ । ਸਗਲੇ—ਸਾਰੇ । ਭੇਖ—(ਵਿਖਾਲੇ ਦੇ ਧਾਰਮਿਕ) ਪਹਿਰਾਵੇ । ਨਾਨਕ—ਹੇ ਨਾਨਕ! ਸਿਮਰਿ—ਸਿਮਰ ਕੇ । ਤਰੇ—ਪਾਰ ਲੰਘ ਗਏ ।੨।

ਅਰਥ :—ਹੇ ਮੇਰੇ ਮਨ! (ਸਦਾ) ਪਰਮਾਤਮਾ ਦੇ ਨਾਮ ਦਾ ਆਸਰਾ ਲੈ । ਉਸ ਪਰਮਾਤਮਾ ਨੂੰ ਹੀ (ਸਹਾਰਾ) ਸਮਝ, ਜਿਸ ਨੇ ਤੈਨੂੰ ਪੈਦਾ ਕੀਤਾ ਹੈ । ਹੇ ਮਨ! ਇਕ ਪ੍ਰਭੂ ਹੀ ਸਾਰੇ ਜਗਤ ਦਾ ਮੂਲ ਹੈ ।੧।ਰਹਾਉ।

ਹੇ ਮਨ! ਪਾਲਣਾ ਕਰ ਕੇ ਪ੍ਰਭੂ ਮਾਂ ਦੇ ਪੇਟ ਵਿਚ ਬਚਾਂਦਾ ਹੈ, (ਪੇਟ ਦੀ ਅੱਗ ਦਾ) ਸੇਕ ਲੱਗਣ ਨਹੀਂ ਦੇਂਦਾ । ਉਹੀ ਮਾਲਕ ਇਸ ਜਗਤ ਵਿਚ ਭੀ ਰੱਖਿਆ ਕਰਦਾ ਹੈ । ਹੇ ਭਾਈ! ਪਰਖ ਦੀ ਬੁੱਧੀ ਨਾਲ ਇਹ (ਸੱਚਾਈ) ਸਮਝ ਲੈ ।੧।

ਹੇ ਭਾਈ! ਚਤੁਰਾਈਆਂ ਛੱਡ ਕੇ (ਵਿਖਾਵੇ ਦੇ) ਸਾਰੇ (ਧਾਰਮਿਕ) ਪਹਿਰਾਵੇ ਛੱਡ ਕੇ ਆਪਣੇ ਮਨ ਵਿਚ ਪਰਮਾਤਮਾ ਨੂੰ ਯਾਦ ਕਰਦਾ ਰਹੁ । ਹੇ ਨਾਨਕ! ਪਰਮਾਤਮਾ ਦਾ ਸਦਾ ਸਿਮਰਨ ਕਰ ਕੇ ਅਨੇਕਾਂ ਜੀਵ ਸੰਸਾਰ-ਸਮੁੰਦਰ ਤੋਂ ਪਾਰ ਲੰਘਦੇ ਆ ਰਹੇ ਹਨ ।੨।੬।੨੯।

ਮਾਰੂ ਮਹਲਾ ੫ ॥ ਪਤਿਤ ਪਾਵਨ ਨਾਮੁ ਜਾ ਕੋ, ਅਨਾਥ ਕੋ ਹੈ ਨਾਥੁ ॥ ਮਹਾ ਭਉਜਲ ਮਾਹਿ ਤੁਲਹੋ, ਜਾ ਕੋ ਲਿਖਿਓ ਮਾਥ ॥੧॥ ਡੂਬੇ ਨਾਮ ਬਿਨੁ ਘਨ ਸਾਥ ॥ ਕਰਣ ਕਾਰਣੁ ਚਿਤਿ ਨ ਆਵੈ, ਦੇ ਕਰਿ ਰਾਖੈ ਹਾਥ ॥੧॥ ਰਹਾਉ ॥ ਸਾਧਸੰਗਤਿ ਗੁਣ ਉਚਾਰਣ ਹਰਿ ਨਾਮ ਅੰਮ੍ਰਿਤ ਪਾਥ ॥ ਕਰਹੁ ਕ੍ਰਿਪਾ ਮੁਰਾਰਿ ਮਾਧਉ ਸੁਣਿ ਨਾਨਕ ਜੀਵੈ ਗਾਥ ॥੨॥੭॥੩੦॥ {ਪੰਨਾ ੧੦੦੭}

ਪਦ ਅਰਥ :—ਪਤਿਤ—ਵਿਕਾਰਾਂ ਵਿਚ ਡਿੱਗੇ ਹੋਏ । ਪਤਿਤ ਪਾਵਨ—ਵਿਕਾਰੀਆਂ ਨੂੰ ਪਵਿੱਤਰ ਕਰਨ ਵਾਲਾ । ਕੋ—ਦਾ । ਅਨਾਥ—ਅ-ਨਾਥ, ਨਿਖਸਮੇ । ਨਾਥੁ—ਖਸਮ । ਭਉਜਲ—ਸੰਸਾਰ-ਸਮੁੰਦਰ । ਮਾਹਿ—ਵਿਚ । ਤੁਲਹੋ—ਤੁਲਹਾ, ਕੰਮ-ਟਪਾਊ ਬੇੜੀ ਜੋ ਦਰਿਆਵਾਂ ਦੇ ਕੰਢਿਆਂ ਦੇ ਲੋਕ ਸ਼ਤੀਰੀਆਂ ਆਦਿਕ ਬੰਨ੍ਹ ਕੇ ਬਣਾ ਲੈਂਦੇ ਹਨ । ਮਾਥ—ਮੱਥੇ ਉਤੇ ।੧।

ਘਨ—ਬਹੁਤ, ਅਨੇਕਾਂ । ਸਾਥ—ਕਾਫ਼ਲੇ, ਪੂਰਾਂ ਦੇ ਪੂਰ । ਕਰਣ ਕਾਰਣੁ—ਜਗਤ ਦਾ ਮੂਲ {ਕਰਣ—ਜਗਤ} । ਚਿਤਿ—ਚਿੱਤ ਵਿਚ । ਦੇ ਕਰਿ—ਦੇ ਕੇ ।੧।ਰਹਾਉ।

ਅੰਮ੍ਰਿਤ ਪਾਥ—{ਪਥ—ਰਸਤਾ} ਆਤਮਕ ਜੀਵਨ ਦੇਣ ਵਾਲਾ ਰਸਤਾ । ਮੁਰਾਰਿ—ਹੇ ਮੁਰਾਰਿ! {ਮੁਰ-ਅਰਿ}, ਹੇ ਪਰਮਾਤਮਾ! ਮਾਧਉ—{ਮਾ—ਮਾਇਆ । ਧਉ—ਧਵ, ਪਤੀ} ਹੇ ਮਾਇਆ ਦੇ ਪਤੀ ਪ੍ਰਭੂ! ਗਾਥ—ਕਥਾ, ਸਿਫ਼ਤਿ-ਸਾਲਾਹ ।੨।

ਅਰਥ :—ਹੇ ਭਾਈ! ਜਿਹੜਾ ਪਰਮਾਤਮਾ (ਜੀਵਾਂ ਨੂੰ) ਹੱਥ ਦੇ ਕੇ ਬਚਾਂਦਾ ਹੈ ਉਸ ਦੇ ਨਾਮ ਤੋਂ ਬਿਨਾ ਪੂਰਾਂ ਦੇ ਪੂਰ (ਇਸ ਸੰਸਾਰ-ਸਮੁੰਦਰ ਵਿਚ) ਡੁੱਬ ਰਹੇ ਹਨ, (ਕਿਉਂਕਿ) ਜਗਤ ਦਾ ਮੂਲ ਪਰਮਾਤਮਾ (ਉਹਨਾਂ ਦੇ) ਚਿੱਤ ਵਿਚ ਨਹੀਂ ਵੱਸਦਾ ।੧।ਰਹਾਉ।

ਹੇ ਭਾਈ! ਜਿਸ ਪਰਮਾਤਮਾ ਦਾ ਨਾਮ ਪਾਪੀਆਂ ਨੂੰ ਪਵਿੱਤਰ ਕਰਨ-ਜੋਗ ਹੈ, ਜਿਹੜਾ ਨਿਖਸਮਿਆਂ ਦਾ ਖਸਮ ਹੈ, ਉਹ ਪਰਮਾਤਮਾ ਇਸ ਭਿਆਨਕ ਸੰਸਾਰ-ਸਮੁੰਦਰ ਵਿਚ (ਜੀਵਾਂ ਵਾਸਤੇ) ਜਹਾਜ਼ ਹੈ । (ਪਰ ਇਹ ਉਸੇ ਨੂੰ ਮਿਲਦਾ ਹੈ) ਜਿਸ ਦੇ ਮੱਥੇ ਉਤੇ (ਮਿਲਾਪ ਦਾ ਲੇਖ) ਲਿਖਿਆ ਹੁੰਦਾ ਹੈ ।੧।

ਹੇ ਭਾਈ! ਸਾਧ ਸੰਗਤਿ ਵਿਚ (ਟਿਕ ਕੇ) ਪਰਮਾਤਮਾ ਦਾ ਨਾਮ ਪਰਮਾਤਮਾ ਦੇ ਗੁਣ ਉੱਚਾਰਦੇ ਰਹਿਣਾ—ਇਹੀ ਹੈ ਆਤਮਕ ਜੀਵਨ ਦੇਣ ਵਾਲਾ ਰਸਤਾ । ਹੇ ਨਾਨਕ! (ਆਖ—) ਹੇ ਮੁਰਾਰੀ! ਹੇ ਮਾਧੋ! ਮਿਹਰ ਕਰ (ਤਾ ਕਿ ਤੇਰਾ ਦਾਸ ਤੇਰੀ) ਸਿਫ਼ਤਿ-ਸਾਲਾਹ ਸੁਣ ਕੇ ਆਤਮਕ ਜੀਵਨ ਹਾਸਲ ਕਰਦਾ ਰਹੇ ।੨।੭।੩੦।

ਮਾਰੂ ਅੰਜੁਲੀ ਮਹਲਾ ੫ ਘਰੁ ੭
ੴ ਸਤਿਗੁਰ ਪ੍ਰਸਾਦਿ ॥ ਸੰਜੋਗੁ ਵਿਜੋਗੁ ਧੁਰਹੁ ਹੀ ਹੂਆ ॥ ਪੰਚ ਧਾਤੁ ਕਰਿ ਪੁਤਲਾ ਕੀਆ ॥ ਸਾਹੈ ਕੈ ਫੁਰਮਾਇਅੜੈ ਜੀ ਦੇਹੀ ਵਿਚਿ ਜੀਉ ਆਇ ਪਇਆ ॥੧॥ ਜਿਥੈ ਅਗਨਿ ਭਖੈ ਭੜਹਾਰੇ ॥ ਊਰਧ ਮੁਖ ਮਹਾ ਗੁਬਾਰੇ ॥ ਸਾਸਿ ਸਾਸਿ ਸਮਾਲੇ ਸੋਈ ਓਥੈ ਖਸਮਿ ਛਡਾਇ ਲਇਆ ॥੨॥ ਵਿਚਹੁ ਗਰਭੈ

ਨਿਕਲਿ ਆਇਆ ॥ ਖਸਮੁ ਵਿਸਾਰਿ ਦੁਨੀ ਚਿਤੁ ਲਾਇਆ ॥ ਆਵੈ ਜਾਇ ਭਵਾਈਐ ਜੋਨੀ ਰਹਣੁ ਨ ਕਿਤਹੀ ਥਾਇ ਭਇਆ ॥੩॥ ਮਿਹਰਵਾਨਿ ਰਖਿ ਲਇਅਨੁ ਆਪੇ ॥ ਜੀਅ ਜੰਤ ਸਭਿ ਤਿਸ ਕੇ ਥਾਪੇ ॥ ਜਨਮੁ ਪਦਾਰਥੁ ਜਿਣਿ ਚਲਿਆ ਨਾਨਕ ਆਇਆ ਸੋ ਪਰਵਾਣੁ ਥਿਆ ॥੪॥੧॥੩੧॥ {ਪੰਨਾ ੧੦੦੭}

ਅੰਜੁਲੀ—ਬੁੱਕ, (ਆਪਣੇ ਇਸ਼ਟ ਪਾਸੋਂ ਖ਼ੈਰ ਮੰਗਣ ਲਈ ਅੱਡਿਆ ਹੋਇਆ ਬੁੱਕ), ਦੋਵੇਂ ਹੱਥ ਜੋੜ ਕੇ ਕੀਤੀ ਹੋਈ ਅਰਜ਼ੋਈ ।

ਪਦ ਅਰਥ :—ਸੰਜੋਗੁ—ਮਿਲਾਪ (ਜਿੰਦ ਤੇ ਸਰੀਰ ਦਾ) । ਵਿਜੋਗੁ—ਵਿਛੋੜਾ (ਜਿੰਦ ਤੇ ਸਾਗਰ ਦਾ) । ਧੁਰਹੁ—ਪਰਮਾਤਮਾ ਦੇ ਹੁਕਮ ਅਨੁਸਾਰ । ਪੰਚ ਧਾਤੁ—(ਪੌਣ, ਪਾਣੀ, ਅੱਗ, ਮਿੱਟੀ, ਆਕਾਸ਼—ਇਹ) ਪੰਜ ਤੱਤ । ਕਰਿ—ਮਿਲਾ ਕੇ । ਪੁਤਲਾ—ਸਰੀਰ ।

ਫੁਰਮਾਇਅੜਾ—ਫੁਰਮਾਇਆ ਹੋਇਆ ਹੁਕਮ । ਕੈ ਫੁਰਮਾਇਅੜੈ—ਦੇ ਹੁਕਮ ਅਨੁਸਾਰ । ਸਾਹ—ਸ਼ਾਹ । ਸਾਹੈ ਕੈ ਫੁਰਮਾਇਅੜੈ—ਸ਼ਾਹ ਦੇ ਕੀਤੇ ਹੁਕਮ ਅਨੁਸਾਰ । ਜੀ—ਹੇ ਭਾਈ! ਦੇਹੀ—ਸਰੀਰ । ਜੀਉ—ਜੀਵਾਤਮਾ ।੧।

ਜਿਥੈ—ਜਿਸ ਥਾਂ ਵਿਚ । ਅਗਨਿ—ਅੱਗ । ਭਖੈ—ਭਖਦੀ ਹੈ, ਬਲਦੀ ਹੈ । ਭੜਹਾਰੇ—ਭੜ ਭੜ ਕਰ ਕੇ, ਬੜੀ ਤੇਜ਼ । ਊਰਧ—ਉਲਟਾ । ਊਰਧ ਮੁਖ—ਉਲਟੇ-ਮੂੰਹ । ਗੁਬਾਰੇ—ਘੁੱਪ ਹਨੇਰੇ ਵਿਚ । ਸਾਸਿ—ਸਾਹ ਨਾਲ । ਸਾਸਿ ਸਾਸਿ—ਹਰੇਕ ਸਾਹ ਦੇ ਨਾਲ । ਸੋਈ—ਉਹੀ ਜੀਵ । ਸਮਾਲੇ—ਯਾਦ ਕਰਦਾ ਹੈ । ਖਸਮਿ—ਖਸਮ ਨੇ ।੨।

ਵਿਸਾਰਿ—ਭੁਲਾ ਕੇ । ਦੁਨੀ—ਦੁਨੀਆ ਵਿਚ, ਦੁਨੀਆ ਦੇ ਪਦਾਰਥਾਂ ਵਿਚ । ਆਵੈ ਜਾਇ—ਜੰਮਦਾ ਹੈ ਮਰਦਾ ਹੈ । ਭਵਾਈਐ ਜੋਨੀ—ਜੂਨਾਂ ਵਿਚ ਭਵਾਇਆ ਜਾਂਦਾ ਹੈ । ਕਿਤ ਹੀ—ਕਿਤੇ ਭੀ {ਕ੍ਰਿਆ ਵਿਸ਼ੇਸ਼ਣ 'ਹੀ' ਦੇ ਕਾਰਨ ਲਫ਼ਜ਼ 'ਕਿਤੁ' ਦਾ ੁ ਉੱਡ ਗਿਆ ਹੈ} । ਥਾਇ—ਥਾਂ ਵਿਚ । ਕਿਤ ਹੀ ਥਾਇ—ਕਿਸੇ ਭੀ ਥਾਂ ਵਿਚ । ਰਹਣੁ—ਟਿਕਾਣਾ ।੩।

ਮਿਹਰਵਾਨਿ—ਮਿਹਰਵਾਨ ਨੇ । ਰਖਿ ਲਇਅਨੁ—ਰੱਖ ਲਏ ਹਨ, ਬਚਾ ਲਏ ਹਨ । ਸਭਿ—ਸਾਰੇ । ਤਿਸ ਕੇ—ਉਸ (ਪਰਮਾਤਮਾ) ਦੇ । ਥਾਪੇ—ਪੈਦਾ ਕੀਤੇ ਹੋਏ । ਜਿਣਿ—ਜਿੱਤ ਕੇ । ਆਇਆ—ਜਨਮਿਆ ਹੋਇਆ ।੪।

ਅਰਥ :—ਹੇ ਭਾਈ! (ਜਿੰਦ ਤੇ ਸਰੀਰ ਦਾ) ਮਿਲਾਪ ਅਤੇ ਵਿਛੋੜਾ ਪਰਮਾਤਮਾ ਦੀ ਰਜ਼ਾ ਅਨੁਸਾਰ ਹੀ ਹੁੰਦਾ ਹੈ । (ਪਰਮਾਤਮਾ ਦੇ ਹੁਕਮ ਵਿਚ ਹੀ) ਪੰਜ ਤੱਤ (ਇਕੱਠੇ) ਕਰ ਕੇ ਸਰੀਰ ਬਣਾਇਆ ਜਾਂਦਾ ਹੈ । ਪ੍ਰਭੂ-ਪਾਤਿਸ਼ਾਹ ਦੇ ਹੁਕਮ ਅਨੁਸਾਰ ਹੀ ਜੀਵਾਤਮਾ ਸਰੀਰ ਵਿਚ ਆ ਟਿਕਦਾ ਹੈ ।੧।

ਹੇ ਭਾਈ! ਜਿੱਥੇ (ਮਾਂ ਦੇ ਪੇਟ ਵਿਚ ਪੇਟ ਦੀ) ਅੱਗ ਬੜੀ ਭਖਦੀ ਹੈ, ਉਸ ਭਿਆਨਕ ਹਨੇਰੇ ਵਿਚ ਜੀਵ ਉਲਟੇ-ਮੂੰਹ ਪਿਆ ਰਹਿੰਦਾ ਹੈ । ਜੀਵ (ਉਥੇ ਆਪਣੇ) ਹਰੇਕ ਸਾਹ ਦੇ ਨਾਲ ਪਰਮਾਤਮਾ ਨੂੰ ਯਾਦ ਕਰਦਾ ਰਹਿੰਦਾ ਹੈ, ਉਸ ਥਾਂ ਮਾਲਕ-ਪ੍ਰਭੂ ਨੇ ਹੀ ਜੀਵ ਨੂੰ ਬਚਾਇਆ ਹੁੰਦਾ ਹੈ ।੨।

ਹੇ ਭਾਈ! ਜਦੋਂ ਜੀਵ ਮਾਂ ਦੇ ਪੇਟ ਵਿਚੋਂ ਬਾਹਰ ਆ ਜਾਂਦਾ ਹੈ, ਮਾਲਕ-ਪ੍ਰਭੂ ਨੂੰ ਭੁਲਾ ਕੇ ਦੁਨੀਆ ਦੇ ਪਦਾਰਥਾਂ ਵਿਚ ਚਿੱਤ ਜੋੜ ਲੈਂਦਾ ਹੈ । (ਪ੍ਰਭੂ ਨੂੰ ਵਿਸਾਰਨ ਕਰਕੇ) ਜੰਮਣ ਮਰਨ ਦੇ ਗੇੜ ਵਿਚ (ਜੀਵ) ਪੈ ਜਾਂਦਾ ਹੈ, ਜੂਨਾਂ ਵਿਚ ਪਾਇਆ ਜਾਂਦਾ ਹੈ, ਕਿਸੇ ਇੱਕ ਥਾਂ ਇਸ ਨੂੰ ਟਿਕਾਣਾ ਨਹੀਂ ਮਿਲਦਾ ।੩।

ਹੇ ਭਾਈ! ਸਾਰੇ ਜੀਵ ਉਸ (ਪਰਮਾਤਮਾ) ਦੇ ਹੀ ਪੈਦਾ ਕੀਤੇ ਹੋਏ ਹਨ, ਉਸ ਮਿਹਰਵਾਨ (ਪ੍ਰਭੂ) ਨੇ ਆਪ ਹੀ (ਕਈ ਜੀਵ ਜਨਮ ਮਰਨ ਦੇ ਗੇੜ ਤੋਂ) ਬਚਾਏ ਹਨ ।

ਹੇ ਨਾਨਕ! ਜਿਹੜਾ ਮਨੁੱਖ (ਪਰਮਾਤਮਾ ਦੇ ਨਾਮ ਦੀ ਰਾਹੀਂ) ਇਸ ਕੀਮਤੀ ਜਨਮ (ਦੀ ਬਾਜ਼ੀ) ਨੂੰ ਜਿੱਤ ਕੇ ਇਥੋਂ ਤੁਰਦਾ ਹੈ, ਉਹ ਇਸ ਜਗਤ ਵਿਚ ਆਇਆ ਹੋਇਆ ਮਨੁੱਖ ਪਰਮਾਤਮਾ ਦੀ ਹਜ਼ੂਰੀ ਵਿਚ ਕਬੂਲ ਹੁੰਦਾ ਹੈ ।੪।੧।੩੧।

ਮਾਰੂ ਮਹਲਾ ੫ ॥ ਵੈਦੋ ਨ ਵਾਈ ਭੈਣੋ ਨ ਭਾਈ ਏਕੋ ਸਹਾਈ ਰਾਮੁ ਹੇ ॥੧॥ ਕੀਤਾ ਜਿਸੋ ਹੋਵੈ ਪਾਪਾਂ ਮਲੋ ਧੋਵੈ ਸੋ ਸਿਮਰਹੁ ਪਰਧਾਨੁ ਹੇ ॥੨॥ ਘਟਿ ਘਟੇ ਵਾਸੀ ਸਰਬ ਨਿਵਾਸੀ ਅਸਥਿਰੁ ਜਾ ਕਾ ਥਾਨੁ ਹੇ ॥੩॥ ਆਵੈ ਨ ਜਾਵੈ ਸੰਗੇ ਸਮਾਵੈ ਪੂਰਨ ਜਾ ਕਾ ਕਾਮੁ ਹੇ ॥੪॥ ਭਗਤ ਜਨਾ ਕਾ ਰਾਖਣਹਾਰਾ ॥ ਸੰਤ ਜੀਵਹਿ ਜਪਿ ਪ੍ਰਾਨ ਅਧਾਰਾ ॥ ਕਰਨ ਕਾਰਨ ਸਮਰਥੁ ਸੁਆਮੀ ਨਾਨਕੁ ਤਿਸੁ ਕੁਰਬਾਨੁ ਹੇ ॥੫॥੨॥੩੨॥ {ਪੰਨਾ ੧੦੦੮}

ਪਦ ਅਰਥ :—ਵੈਦੋ—ਵੈਦ, ਹਕੀਮ । ਵੈਦੋ ਨ ਵਾਈ—ਨਾਹ ਕੋਈ ਵੈਦ ਤੇ ਨਾਹ ਕਿਸੇ ਵੈਦ ਦੀ ਦਵਾਈ । ਵਾਈ—ਦਵਾਈ । ਸਹਾਈ—ਮਦਦ ਕਰਨ ਵਾਲਾ ।੧।

ਜਿਸੋ—ਜਿਸੁ, ਜਿਸ ਦਾ । ਮਲੋ—ਮਲੁ, ਮੈਲ । ਪਰਧਾਨੁ—ਸ਼ਿਰੋਮਣੀ ।੨।

ਘਟਿ ਘਟੇ—ਘਟਿ ਘਟਿ, ਹਰੇਕ ਸਰੀਰ ਵਿਚ । ਵਾਸੀ—ਵੱਸਣ ਵਾਲਾ । ਅਸਥਿਰੁ—ਸਦਾ ਕਾਇਮ ਰਹਿਣ ਵਾਲਾ । ਥਾਨੁ—ਥਾਂ, ਟਿਕਾਣਾ ।੩।

ਆਵੈ ਨ ਜਾਵੈ—ਨਾਹ ਜੰਮਦਾ ਹੈ ਨਾਹ ਮਰਦਾ ਹੈ । ਸੰਗੇ—(ਹਰੇਕ ਦੇ) ਨਾਲ ਹੀ । ਸਮਾਵੈ—ਗੁਪਤ ਵੱਸਦਾ ਹੈ । ਪੂਰਨ—ਮੁਕੰਮਲ, ਅਭੁੱਲ । ਕਾਮੁ—ਕੰਮ ।੪।

ਜੀਵਹਿ—{ਬਹੁ-ਵਚਨ} ਜੀਊਂਦੇ ਹਨ । ਜਪਿ—ਜਪ ਕੇ । ਪ੍ਰਾਨ ਅਧਾਰਾ—ਜਿੰਦ ਦਾ ਆਸਰਾ । ਕਰਨ ਕਾਰਨ—ਜਗਤ ਦਾ ਮੂਲ {ਕਰਨ—ਸ੍ਰਿਸ਼ਟੀ} । ਸਮਰਥੁ—ਸਭ ਤਾਕਤਾਂ ਦਾ ਮਾਲਕ । ਤਿਸੁ—ਉਸ ਤੋਂ । ਕੁਰਬਾਨੁ—ਸਦਕੇ । ਹੇ—ਹੈ ।੫।

ਅਰਥ :—ਹੇ ਭਾਈ! (ਦੁੱਖ-ਦਰਦ ਦੇ ਵੇਲੇ) ਸਿਰਫ਼ ਇਕ ਪਰਮਾਤਮਾ ਹੀ ਮਦਦ ਕਰਨ ਵਾਲਾ ਹੁੰਦਾ ਹੈ । ਨਾਹ ਕੋਈ ਵੈਦ ਨਾਹ ਕਿਸੇ ਵੈਦ ਦੀ ਦਵਾਈ; ਨਾਹ ਕੋਈ ਭੈਣ ਨਾਹ ਕੋਈ ਭਰਾ—ਕੋਈ ਭੀ ਮਦਦ ਕਰਨ ਜੋਗਾ ਨਹੀਂ ਹੁੰਦਾ ।੧।

ਹੇ ਭਾਈ! ਉਸ ਪਰਮਾਤਮਾ ਦਾ ਸਿਮਰਨ ਕਰਦੇ ਰਹੋ ਜਿਸ ਦਾ ਕੀਤਾ ਹਰੇਕ ਕੰਮ (ਜਗਤ ਵਿਚ) ਹੋ ਰਿਹਾ ਹੈ, ਜੋ (ਜੀਵਾਂ ਦੇ) ਪਾਪਾਂ ਦੀ ਮੈਲ ਧੋਂਦਾ ਹੈ । ਹੇ ਭਾਈ! ਉਹ ਪਰਮਾਤਮਾ ਹੀ (ਜਗਤ ਵਿਚ) ਸ਼ਿਰੋਮਣੀ ਹੈ ।੨।

ਹੇ ਭਾਈ! (ਉਸ ਪਰਮਾਤਮਾ ਦਾ ਹੀ ਸਿਮਰਨ ਕਰੋ) ਜਿਸ ਦਾ ਆਸਣ ਸਦਾ ਅਡੋਲ ਰਹਿਣ ਵਾਲਾ ਹੈ, ਜੋ ਹਰੇਕ ਸਰੀਰ ਵਿਚ ਵੱਸਦਾ ਹੈ, ਜੋ ਸਭ ਜੀਵਾਂ ਵਿਚ ਨਿਵਾਸ ਰੱਖਣ ਵਾਲਾ ਹੈ ।੩।

ਹੇ ਭਾਈ! (ਉਸੇ ਪਰਮਾਤਮਾ ਦਾ ਹੀ ਸਿਮਰਨ ਕਰੋ) ਜਿਸ ਦਾ ਹਰੇਕ ਕੰਮ ਮੁਕੰਮਲ (ਅਭੁੱਲ) ਹੈ, ਜੋ ਨਾਹ ਜੰਮਦਾ ਹੈ ਨਾਹ ਮਰਦਾ ਹੈ, ਪਰ ਹਰੇਕ ਜੀਵ ਦੇ ਨਾਲ ਗੁਪਤ ਵੱਸਦਾ ਹੈ ।੪।

ਹੇ ਭਾਈ! ਉਹ ਪਰਮਾਤਮਾ ਆਪਣੇ ਭਗਤਾਂ ਦੀ ਰੱਖਿਆ ਕਰਨ ਵਾਲਾ ਹੈ, ਉਹ ਹਰੇਕ ਦੇ ਪ੍ਰਾਣਾਂ ਦਾ ਆਸਰਾ ਹੈ । ਸੰਤ ਜਨ (ਉਸ ਦਾ ਨਾਮ) ਜਪ ਕੇ ਆਤਮਕ ਜੀਵਨ ਹਾਸਲ ਕਰਦੇ ਰਹਿੰਦੇ ਹਨ । ਉਹ ਪਰਮਾਤਮਾ ਇਸ ਜਗਤ-ਰਚਨਾ ਦਾ ਮੂਲ ਹੈ, ਸਾਰੀਆਂ ਤਾਕਤਾਂ ਦਾ ਮਾਲਕ ਹੈ, ਸਭ ਦਾ ਖਸਮ ਹੈ । ਹੇ ਭਾਈ! ਨਾਨਕ (ਸਦਾ) ਉਸ ਤੋਂ ਸਦਕੇ ਜਾਂਦਾ ਹੈ ।੫।੨।੩੨।

ਨੋਟ :—ਮਾਰੂ ਰਾਗ ਵਿਚ 'ਮਹਲਾ ੫' ਦੇ ੩੨ ਸ਼ਬਦ ਹਨ । 'ਮਹਲਾ ੩' ਦੇ ੫ ਸ਼ਬਦ ਅਤੇ 'ਮਹਲਾ ੪' ਦੇ ੮ ਸ਼ਬਦ ਹਨ ।

ਗੁਰੂ ਨਾਨਕ ਦੇਵ ਜੀ ਦੇ ੧੨ ਸ਼ਬਦ ਹਨ ।

ਕੁੱਲ ਵੇਰਵਾ ਇਉਂ ਹੈ—

ਮਹਲਾ ੧ — ੧੨
ਮਹਲਾ ੩ — ੫
ਮਹਲਾ ੪ — ੮
ਮਹਲਾ ੫ — ੩੨
. . . . . ——
. ਜੋੜ . . . ੫੭

ਮਾਰੂ ਮਹਲਾ ੯ ॥
ੴ ਸਤਿਗੁਰ ਪ੍ਰਸਾਦਿ ॥ ਹਰਿ ਕੋ ਨਾਮੁ ਸਦਾ ਸੁਖਦਾਈ ॥ ਜਾ ਕਉ ਸਿਮਰਿ ਅਜਾਮਲੁ ਉਧਰਿਓ ਗਨਿਕਾ ਹੂ ਗਤਿ ਪਾਈ ॥੧॥ ਰਹਾਉ ॥ ਪੰਚਾਲੀ ਕਉ ਰਾਜ ਸਭਾ ਮਹਿ ਰਾਮ ਨਾਮ ਸੁਧਿ ਆਈ ॥ ਤਾ ਕੋ ਦੂਖੁ ਹਰਿਓ ਕਰੁਣਾਮੈ ਅਪਨੀ ਪੈਜ ਬਢਾਈ ॥੧॥ ਜਿਹ ਨਰ ਜਸੁ ਕਿਰਪਾ ਨਿਧਿ ਗਾਇਓ ਤਾ ਕਉ ਭਇਓ ਸਹਾਈ ॥ ਕਹੁ ਨਾਨਕ ਮੈ ਇਹੀ ਭਰੋਸੈ ਗਹੀ ਆਨਿ ਸਰਨਾਈ ॥੨॥੧॥ {ਪੰਨਾ ੧੦੦੮}

ਪਦ ਅਰਥ :—ਕੋ—ਦਾ । ਸੁਖਦਾਈ—ਆਤਮਕ ਆਨੰਦ ਦੇਣ ਵਾਲਾ ਹੈ । ਕਉ—ਨੂੰ । ਸਿਮਰਿ—ਸਿਮਰ ਕੇ । ਅਜਾਮਲੁ—{ਇਸ ਨੇ ਇਕ ਮਹਾਤਮਾ ਦੇ ਕਹੇ ਆਪਣੇ ਪੁੱਤਰ ਦਾ ਨਾਮ 'ਨਾਰਾਇਣ' ਰੱਖਿਆ ਸੀ । 'ਨਾਰਾਇਣ, ਨਾਰਾਇਣ' ਆਖਦਿਆਂ ਸਚ-ਮੁਚ 'ਨਾਰਾਇਣ-ਪਰਮਾਤਮਾ' ਨਾਲ ਇਸ ਦਾ ਪਿਆਰ ਬਣ ਗਿਆ} । ਉਧਰਿਓ—ਵਿਕਾਰਾਂ ਤੋਂ ਬਚ ਗਿਆ । ਗਨਿਕਾ—ਵੇਸਵਾ (ਤੋਤੇ ਨੂੰ 'ਰਾਮ ਨਾਮ' ਪੜ੍ਹਾਂਦਿਆਂ ਇਸ ਦੀ ਆਪਣੀ ਲਿਵ ਭੀ ਪਰਮਾਤਮਾ ਵਿਚ ਲੱਗ ਗਈ} । ਹੂ—ਭੀ । ਗਤਿ—ਉੱਚੀ ਆਤਮਕ ਅਵਸਥਾ ।੧।ਰਹਾਉ।

ਪੰਚਾਲੀ—ਪੰਚਾਲ ਦੇਸ ਦੀ ਰਾਜ-ਕੁਮਾਰੀ, ਦ੍ਰੋਪਦੀ । ਰਾਜ ਸਭਾ ਮਹਿ—ਰਾਜ-ਸਭਾ ਵਿਚ, ਦੁਰਯੋਧਨ ਦੇ ਦਰਬਾਰ ਵਿਚ । ਸੁਧਿ—ਸੁਝ । ਰਾਮ ਨਾਮ ਸੁਧਿ—ਪਰਮਾਤਮਾ ਦੇ ਨਾਮ ਦਾ ਧਿਆਨ {ਭਾਈ ਗੁਰਦਾਸ ਜੀ ਨੇ ਦਸਵੀਂ ਵਾਰ ਜੋ "ਹਾ ਹਾ ਕ੍ਰਿਸ਼ਨ ਕਰੈ" ਲਿਖਿਆ ਹੈ, ਉਹ ਆਮ ਪਰਚਲਤ ਕਹਾਣੀ ਦਾ ਹਵਾਲਾ ਹੈ । ਉਹਨਾਂ ਦਾ ਆਪਣਾ ਸਿੱਧਾਂਤ ਅਖ਼ੀਰ ਤੇ ਹੈ ਕਿ "ਨਾਥੁ ਅਨਾਥਾਂ ਬਾਣ ਧੁਰਾਂ ਦੀ"} । ਕੋ—ਦਾ । ਹਰਿਓ—ਦੂਰ ਕੀਤਾ । ਕਰੁਣਾਮੈ—{ਕਰੁਣਾ—ਤਰਸ} ਤਰਸ-ਸਰੂਪ ਪਰਮਾਤਮਾ । ਪੈਜ—ਇੱਜ਼ਤ, ਨਾਮਣਾ ।੧।

ਜਿਹ ਨਰ—ਜਿਨ੍ਹਾਂ ਬੰਦਿਆਂ ਨੇ । ਕਿਰਪਾ ਨਿਧਿ ਜਸੁ—ਕਿਰਪਾ ਦੇ ਖ਼ਜ਼ਾਨੇ ਪ੍ਰਭੂ ਦੀ ਸਿਫ਼ਤਿ-ਸਾਲਾਹ । ਸਹਾਈ—ਮਦਦਗਾਰ । ਕਹੁ—ਆਖ । ਨਾਨਕ—ਹੇ ਨਾਨਕ! ਇਹੀ ਭਰੋਸੈ—ਇਸੇ ਭਰੋਸੇ ਤੇ । ਗਹੀ—ਫੜੀ । ਆਨਿ—ਆ ਕੇ ।੨।

ਅਰਥ :—ਹੇ ਭਾਈ! ਪਰਮਾਤਮਾ ਦਾ ਨਾਮ ਸਦਾ ਆਤਮਕ ਆਨੰਦ ਦੇਣ ਵਾਲਾ ਹੈ, ਜਿਸ ਨਾਮ ਨੂੰ ਸਿਮਰ ਕੇ ਅਜਾਮਲ ਵਿਕਾਰਾਂ ਤੋਂ ਬਚ ਗਿਆ ਸੀ, (ਇਸ ਨਾਮ ਨੂੰ ਸਿਮਰ ਕੇ) ਵੇਸੁਆ ਨੇ ਭੀ ਉੱਚੀ ਆਤਮਕ ਅਵਸਥਾ ਹਾਸਲ ਕਰ ਲਈ ਸੀ ।੧।ਰਹਾਉ।

ਹੇ ਭਾਈ! ਦੁਰਯੋਧਨ ਦੇ ਰਾਜ-ਦਰਬਾਰ ਵਿਚ ਦ੍ਰੋਪਦੀ ਨੇ (ਭੀ) ਪਰਮਾਤਮਾ ਦੇ ਨਾਮ ਦਾ ਧਿਆਨ ਧਰਿਆ ਸੀ, ਤੇ, ਤਰਸ-ਸਰੂਪ ਪਰਮਾਤਮਾ ਨੇ ਉਸ ਦਾ ਦੁੱਖ ਦੂਰ ਕੀਤਾ ਸੀ, (ਤੇ ਇਸ ਤਰ੍ਹਾਂ) ਆਪਣਾ ਨਾਮਣਾ ਵਧਾਇਆ ਸੀ ।੧।

ਹੇ ਭਾਈ! ਜਿਨ੍ਹਾਂ ਭੀ ਬੰਦਿਆਂ ਨੇ ਕਿਰਪਾ ਦੇ ਖ਼ਜ਼ਾਨੇ ਪਰਮਾਤਮਾ ਦੀ ਸਿਫ਼ਤਿ-ਸਾਲਾਹ ਕੀਤੀ, ਪਰਮਾਤਮਾ ਉਹਨਾਂ ਨੂੰ ਮਦਦਗਾਰ (ਹੋ ਕੇ) ਬਹੁੜਿਆ । ਹੇ ਨਾਨਕ! ਆਖ—ਮੈਂ ਭੀ ਇਸੇ ਹੀ ਭਰੋਸੇ ਤੇ ਆ ਕੇ ਪਰਮਾਤਮਾ ਦੀ ਹੀ ਸਰਨ ਲਈ ਹੈ ।੨।੧।

ਮਾਰੂ ਮਹਲਾ ੯ ॥ ਅਬ ਮੈ ਕਹਾ ਕਰਉ ਰੀ ਮਾਈ ॥ ਸਗਲ ਜਨਮੁ ਬਿਖਿਅਨ ਸਿਉ ਖੋਇਆ ਸਿਮਰਿਓ ਨਾਹਿ ਕਨ੍ਹਾਈ ॥੧॥ ਰਹਾਉ ॥ ਕਾਲ ਫਾਸ ਜਬ ਗਰ ਮਹਿ ਮੇਲੀ ਤਿਹ ਸੁਧਿ ਸਭ ਬਿਸਰਾਈ ॥ ਰਾਮ ਨਾਮ ਬਿਨੁ ਯਾ ਸੰਕਟ ਮਹਿ ਕੋ ਅਬ ਹੋਤ ਸਹਾਈ ॥੧॥ ਜੋ ਸੰਪਤਿ ਅਪਨੀ ਕਰਿ ਮਾਨੀ ਛਿਨ ਮਹਿ ਭਈ ਪਰਾਈ ॥ ਕਹੁ ਨਾਨਕ ਯਹ ਸੋਚ ਰਹੀ ਮਨਿ ਹਰਿ ਜਸੁ ਕਬਹੂ ਨ ਗਾਈ ॥੨॥੨॥ {ਪੰਨਾ ੧੦੦੮}

ਪਦ ਅਰਥ :—ਅਬ—ਹੁਣ, ਜਵਾਨੀ ਦਾ ਸਮਾ ਲੰਘਾ ਕੇ । ਕਹਾ—ਕੀਹ? ਕਰਉ—ਕਰਉਂ, ਮੈਂ ਕਰਾਂ । ਰੀ ਮਾਈ—ਹੇ ਮਾਂ! {ਲਫ਼ਜ਼ 'ਰੀ' ਇਸਤ੍ਰੀ ਲਿੰਗ ਹੈ, 'ਰੇ' ਪੁਲਿੰਗ । "ਕਹਤ ਕਬੀਰ ਸੁਨਹੁ ਰੇ ਲੋਈ" ਵਿਚ 'ਰੇ' ਪੁਲਿੰਗ ਹੈ । ਲਫ਼ਜ਼ 'ਲੋਈ' ਕਬੀਰ ਜੀ ਦੀ ਵਹੁਟੀ ਵਾਸਤੇ ਨਹੀਂ ਹੈ} । ਸਗਲ—ਸਾਰਾ । ਬਿਖਿਅਨ ਸਿਉ—ਵਿਸ਼ੇ-ਵਿਕਾਰਾਂ ਨਾਲ । ਕਨ੍ਹਾਈ—ਕਨ੍ਹਈਆ, ਪਰਮਾਤਮਾ ।੧।ਰਹਾਉ।

ਫਾਸ—ਫਾਹੀ । ਕਾਲ—ਮੌਤ । ਗਰ ਮਹਿ—ਗਲ ਵਿਚ । ਮੇਲੀ—ਪਾ ਦਿੱਤੀ । ਤਿਹ—ਉਸ ਦੀ । ਸੁਧਿ—ਹੋਸ਼ । ਬਿਸਰਾਈ—ਭੁਲਾ ਦਿੱਤੀ । ਯਾ ਸੰਕਟ ਮਹਿ—ਇਸ ਬਿਪਤਾ ਵਿਚ । ਕੋ—ਕੌਣ? ਸਹਾਈ—ਮਦਦਗਾਰ ।੧।

ਸੰਪਤਿ—ਸੰਪੱਤੀ, ਧਨ-ਪਦਾਰਥ । ਕਰਿ ਮਾਨੀ—ਕਰ ਕੇ ਮੰਨੀ ਸੀ, ਸਮਝ ਲਈ ਹੋਈ ਸੀ । ਪਰਾਈ—ਬਿਗਾਨੀ । ਸੋਚ—ਪਛੁਤਾਵਾ । ਮਨਿ—ਮਨ ਵਿਚ ।੨।

{ਨੋਟ :—ਭੂਤ ਕਾਲ ਨੂੰ ਵਰਤਮਾਨ ਸਮਝਣਾ ਹੈ, ਇਹ ਹਾਲਤ ਸਦਾ ਹੀ ਹੁੰਦੀ ਰਹਿੰਦੀ ਹੈ ਆਪਣੇ ਆਪ ਨੂੰ ਸਾਹਮਣੇ ਰੱਖ ਕੇ ਜਗਤ ਦੀ ਆਮ ਦਸ਼ਾ ਦੱਸ ਰਹੇ ਹਨ ।}

ਅਰਥ :—ਹੇ ਮਾਂ! ਵੇਲਾ ਵਿਹਾ ਜਾਣ ਤੇ ਮੈਂ ਕੀਹ ਕਰ ਸਕਦਾ ਹਾਂ? (ਭਾਵ, ਵੇਲਾ ਵਿਹਾ ਜਾਣ ਤੇ ਮਨੁੱਖ ਕੁਝ ਭੀ ਨਹੀਂ ਕਰ ਸਕਦਾ) । ਜਿਸ ਮਨੁੱਖ ਨੇ ਸਾਰੀ ਜ਼ਿੰਦਗੀ ਵਿਸ਼ੇ-ਵਿਕਾਰਾਂ ਵਿਚ ਗਵਾ ਲਈ, ਤੇ, ਪਰਮਾਤਮਾ ਦਾ ਸਿਮਰਨ ਕਦੇ ਭੀ ਨਾਹ ਕੀਤਾ (ਉਹ ਸਮਾ ਖੁੰਝ ਜਾਣ ਤੇ ਫਿਰ ਕੁਝ ਨਹੀਂ ਕਰ ਸਕਦਾ) ।੧।ਰਹਾਉ।

ਹੇ ਮਾਂ! ਜਦੋਂ ਜਮਰਾਜ (ਮਨੁੱਖ ਦੇ) ਗਲ ਵਿਚ ਮੌਤ ਦੀ ਫਾਹੀ ਪਾ ਦੇਂਦਾ ਹੈ, ਤਦੋਂ ਉਹ ਉਸ ਦੀ ਸਾਰੀ ਸੁਧ-ਬੁਧ ਭੁਲਾ ਦੇਂਦਾ ਹੈ । ਉਸ ਬਿਪਤਾ ਵਿਚ ਪਰਮਾਤਮਾ ਦੇ ਨਾਮ ਤੋਂ ਬਿਨਾ ਹੋਰ ਕੋਈ ਭੀ ਮਦਦਗਾਰ ਨਹੀਂ ਬਣ ਸਕਦਾ (ਜਮਾਂ ਦੀ ਫਾਹੀ ਤੋਂ, ਆਤਮਕ ਮੌਤ ਤੋਂ ਸਹਿਮ ਤੋਂ ਸਿਰਫ਼ ਹਰਿ-ਨਾਮ ਹੀ ਬਚਾਂਦਾ ਹੈ) ।੧।

ਹੇ ਮਾਂ! ਜਿਹੜੇ ਧਨ-ਪਦਾਰਥ ਨੂੰ ਮਨੁੱਖ ਸਦਾ ਆਪਣਾ ਸਮਝੀ ਰੱਖਦਾ ਹੈ (ਜਦੋਂ ਮੌਤ ਆਉਂਦੀ ਹੈ, ਉਹ ਧਨ-ਪਦਾਰਥ) ਇਕ ਖਿਨ ਵਿਚ ਬਿਗਾਨਾ ਹੋ ਜਾਂਦਾ ਹੈ । ਹੇ ਨਾਨਕ! ਆਖ—ਉਸ ਵੇਲੇ ਮਨੁੱਖ ਦੇ ਮਨ ਵਿਚ ਇਹ ਪਛੁਤਾਵਾ ਰਹਿ ਜਾਂਦਾ ਹੈ ਕਿ ਪਰਮਾਤਮਾ ਦੀ ਸਿਫ਼ਤਿ-ਸਾਲਾਹ ਕਦੇ ਭੀ ਨਾਹ ਕੀਤੀ ।੨।੨।

ਮਾਰੂ ਮਹਲਾ ੯ ॥ ਮਾਈ ਮੈ ਮਨ ਕੋ ਮਾਨੁ ਨ ਤਿਆਗਿਓ ॥ ਮਾਇਆ ਕੇ ਮਦਿ ਜਨਮੁ ਸਿਰਾਇਓ ਰਾਮ ਭਜਨਿ ਨਹੀ ਲਾਗਿਓ ॥੧॥ ਰਹਾਉ ॥ ਜਮ ਕੋ ਡੰਡੁ ਪਰਿਓ ਸਿਰ ਊਪਰਿ ਤਬ ਸੋਵਤ ਤੈ ਜਾਗਿਓ ॥ ਕਹਾ ਹੋਤ ਅਬ ਕੈ ਪਛੁਤਾਏ ਛੂਟਤ ਨਾਹਿਨ ਭਾਗਿਓ ॥੧॥ ਇਹ ਚਿੰਤਾ ਉਪਜੀ ਘਟ ਮਹਿ ਜਬ ਗੁਰ ਚਰਨਨ ਅਨੁਰਾਗਿਓ ॥ ਸੁਫਲੁ ਜਨਮੁ ਨਾਨਕ ਤਬ ਹੂਆ ਜਉ ਪ੍ਰਭ ਜਸ ਮਹਿ ਪਾਗਿਓ ॥੨॥੩॥ {ਪੰਨਾ ੧੦੦੮}

ਪਦ ਅਰਥ :—ਮਾਈ—ਹੇ ਮਾਂ! ਕੋ—ਦਾ । ਮਦਿ—ਨਸ਼ੇ ਵਿਚ । ਸਿਰਾਇਓ—ਗੁਜ਼ਾਰਿਆ ।੧।ਰਹਾਉ।

ਡੰਡੁ—ਡੰਡਾ । ਪਰਿਓ—ਪਿਆ । ਊਪਰਿ—ਉੱਤੇ । ਸੋਵਤ ਤੇ—ਸੁੱਤੇ ਰਹਿਣ ਤੋਂ । ਕਹਾ ਹੋਤ—ਕੀਹ ਹੋ ਸਕਦਾ ਹੈ? ਛੂਟਤ ਨਾਹਿਨ ਭਾਗਿਓ—ਭੱਜਿਆਂ (ਜਮ ਤੋਂ) ਖ਼ਲਾਸੀ ਨਹੀਂ ਹੋ ਸਕਦੀ ।੧।

ਉਪਜੀ—ਪੈਦਾ ਹੋਈ । ਘਟ ਮਹਿ—ਹਿਰਦੇ ਵਿਚ । ਅਨੁਰਾਗਿਓ—ਪਿਆਰ ਪਾਇਆ । ਸੁਫਲੁ—ਕਾਮਯਾਬ । ਜਉ—ਜਦੋਂ । ਪ੍ਰਭ ਜਸ ਮਹਿ—ਪ੍ਰਭੂ ਦੇ ਜਸ ਵਿਚ । ਪਾਗਿਓ—(ਮੈਂ) ਪਿਆ ।੨।

ਅਰਥ :—ਹੇ ਮਾਂ! (ਜਦੋਂ ਤੋਂ ਮੈਂ ਗੁਰੂ-ਚਰਨਾਂ ਵਿਚ ਪਿਆਰ ਪਾਇਆ ਹੈ, ਤਦੋਂ ਤੋਂ ਮੈਨੂੰ ਪਛੁਤਾਵਾ ਲੱਗਾ ਹੈ ਕਿ) ਮੈਂ ਆਪਣੇ ਮਨ ਦਾ ਅਹੰਕਾਰ ਨਾਹ ਛੱਡਿਆ । ਮਾਇਆ ਦੇ ਨਸ਼ੇ ਵਿਚ ਮੈਂ ਆਪਣੀ ਉਮਰ ਗੁਜ਼ਾਰ ਦਿੱਤੀ, ਤੇ, ਪਰਮਾਤਮਾ ਦੇ ਭਜਨ ਵਿਚ ਮੈਂ ਨਾਹ ਲੱਗਾ ।੧।ਰਹਾਉ।

(ਹੇ ਭਾਈ! ਮਨੁੱਖ ਮਾਇਆ ਦੀ ਨੀਂਦ ਵਿਚ ਗ਼ਾਫ਼ਿਲ ਪਿਆ ਰਹਿੰਦਾ ਹੈ) ਜਦੋਂ ਜਮਦੂਤ ਦਾ ਡੰਡਾ (ਇਸ ਦੇ) ਸਿਰ ਉੱਤੇ ਵੱਸਦਾ ਹੈ, ਤਦੋਂ (ਮਾਇਆ ਦੇ ਮੋਹ ਦੀ ਨੀਂਦ ਵਿਚੋਂ) ਸੁੱਤਾ ਹੋਇਆ ਜਾਗਦਾ ਹੈ । ਪਰ ਉਸ ਵੇਲੇ ਦੇ ਪਛੁਤਾਵੇ ਨਾਲ ਕੁਝ ਸੰਵਰਦਾ ਨਹੀਂ, (ਕਿਉਂਕਿ ਉਸ ਵੇਲੇ ਜਮਾਂ ਪਾਸੋਂ) ਭੱਜਿਆਂ ਖ਼ਲਾਸੀ ਨਹੀਂ ਹੋ ਸਕਦੀ ।੧।

ਹੇ ਭਾਈ! ਜਦੋਂ ਮਨੁੱਖ ਗੁਰੂ ਦੇ ਚਰਨਾਂ ਵਿਚ ਪਿਆਰ ਪਾਂਦਾ ਹੈ, ਤਦੋਂ ਉਸ ਦੇ ਹਿਰਦੇ ਵਿਚ ਇਹ ਫੁਰਨਾ ਉੱਠਦਾ ਹੈ (ਕਿ ਪ੍ਰਭੂ ਦੇ ਭਜਨ ਤੋਂ ਬਿਨਾ ਉਮਰ ਵਿਅਰਥ ਹੀ ਬੀਤਦੀ ਰਹੀ) । ਹੇ ਨਾਨਕ! ਮਨੁੱਖ ਦੀ ਜ਼ਿੰਦਗੀ ਕਾਮਯਾਬ ਤਦੋਂ ਹੀ ਹੁੰਦੀ ਹੈ ਜਦੋਂ (ਇਹ ਗੁਰੂ ਦੀ ਸਰਨ ਪੈ ਕੇ) ਪਰਮਾਤਮਾ ਦੀ ਸਿਫ਼ਤਿ-ਸਾਲਾਹ ਵਿਚ ਜੁੜਦਾ ਹੈ ।੨।੩।

ਮਾਰੂ ਅਸਟਪਦੀਆ ਮਹਲਾ ੧ ਘਰੁ ੧

ੴ ਸਤਿਗੁਰ ਪ੍ਰਸਾਦਿ ॥ ਬੇਦ ਪੁਰਾਣ ਕਥੇ ਸੁਣੇ ਹਾਰੇ ਮੁਨੀ ਅਨੇਕਾ ॥ ਅਠਸਠਿ ਤੀਰਥ ਬਹੁ ਘਣਾ ਭ੍ਰਮਿ ਥਾਕੇ ਭੇਖਾ ॥ ਸਾਚੋ ਸਾਹਿਬੁ ਨਿਰਮਲੋ ਮਨਿ ਮਾਨੈ ਏਕਾ ॥੧॥ ਤੂ ਅਜਰਾਵਰੁ ਅਮਰੁ ਤੂ ਸਭ ਚਾਲਣਹਾਰੀ ॥ ਨਾਮੁ ਰਸਾਇਣੁ ਭਾਇ ਲੈ ਪਰਹਰਿ ਦੁਖੁ ਭਾਰੀ ॥੧॥ ਰਹਾਉ ॥ ਹਰਿ ਪੜੀਐ ਹਰਿ ਬੁਝੀਐ ਗੁਰਮਤੀ ਨਾਮਿ ਉਧਾਰਾ ॥ ਗੁਰਿ ਪੂਰੈ ਪੂਰੀ ਮਤਿ ਹੈ ਪੂਰੈ ਸਬਦਿ ਬੀਚਾਰਾ ॥ ਅਠਸਠਿ ਤੀਰਥ ਹਰਿਨਾਮੁ ਹੈ ਕਿਲਵਿਖ ਕਾਟਣਹਾਰਾ ॥੨॥ ਜਲੁ ਬਿਲੋਵੈ ਜਲੁ ਮਥੈ ਤਤੁ ਲੋੜੈ ਅੰਧੁ ਅਗਿਆਨਾ ॥ ਗੁਰਮਤੀ ਦਧਿ ਮਥੀਐ ਅੰਮ੍ਰਿਤੁ ਪਾਈਐ ਨਾਮੁ ਨਿਧਾਨਾ ॥ ਮਨਮੁਖ ਤਤੁ ਨ ਜਾਣਨੀ ਪਸੂ ਮਾਹਿ ਸਮਾਨਾ ॥੩॥ ਹਉਮੈ ਮੇਰਾ ਮਰੀ ਮਰੁ ਮਰਿ ਜੰਮੈ ਵਾਰੋ ਵਾਰ ॥ ਗੁਰ ਕੈ ਸਬਦੇ ਜੇ ਮਰੈ ਫਿਰਿ ਮਰੈ ਨ ਦੂਜੀ ਵਾਰ ॥ ਗੁਰਮਤੀ ਜਗਜੀਵਨੁ ਮਨਿ ਵਸੈ ਸਭਿ ਕੁਲ ਉਧਾਰਣਹਾਰ ॥੪॥ ਸਚਾ ਵਖਰੁ ਨਾਮੁ ਹੈ ਸਚਾ ਵਾਪਾਰਾ ॥ ਲਾਹਾ ਨਾਮੁ ਸੰਸਾਰਿ ਹੈ ਗੁਰਮਤੀ ਵੀਚਾਰਾ ॥ ਦੂਜੈ ਭਾਇ ਕਾਰ ਕਮਾਵਣੀ ਨਿਤ ਤੋਟਾ ਸੈਸਾਰਾ ॥੫॥ ਸਾਚੀ ਸੰਗਤਿ ਥਾਨੁ ਸਚੁ ਸਚੇ ਘਰ ਬਾਰਾ ॥ ਸਚਾ ਭੋਜਨੁ ਭਾਉ ਸਚੁ ਸਚੁ ਨਾਮੁ ਅਧਾਰਾ ॥ ਸਚੀ ਬਾਣੀ ਸੰਤੋਖਿਆ ਸਚਾ ਸਬਦੁ ਵੀਚਾਰਾ ॥੬॥ ਰਸ ਭੋਗਣ ਪਾਤਿਸਾਹੀਆ ਦੁਖ ਸੁਖ ਸੰਘਾਰਾ ॥ ਮੋਟਾ ਨਾਉ ਧਰਾਈਐ ਗਲਿ ਅਉਗਣ ਭਾਰਾ ॥ ਮਾਣਸ ਦਾਤਿ ਨ ਹੋਵਈ ਤੂ ਦਾਤਾ ਸਾਰਾ ॥੭॥ ਅਗਮ ਅਗੋਚਰੁ ਤੂ ਧਣੀ ਅਵਿਗਤੁ ਅਪਾਰਾ ॥ ਗੁਰ ਸਬਦੀ ਦਰੁ ਜੋਈਐ ਮੁਕਤੇ ਭੰਡਾਰਾ ॥ ਨਾਨਕ ਮੇਲੁ ਨ ਚੂਕਈ ਸਾਚੇ ਵਾਪਾਰਾ ॥੮॥੧॥ {ਪੰਨਾ ੧੦੦੮-੧੦੦੯}

ਪਦ ਅਰਥ :—ਕਥੇ—ਕਥਿ, ਕਥ ਕੇ, ਸੁਣਾ ਕੇ । ਸੁਣੇ—ਸੁਣਿ, ਸੁਣ ਕੇ । ਹਾਰੇ—ਥੱਕ ਗਏ । ਅਠਸਠਿ—ਅਠਾਹਠ । ਘਣਾ—ਬਹੁਤੇ । ਭ੍ਰਮਿ—ਭੌਂ ਕੇ । ਭੇਖਾ—ਕਈ ਭੇਖਾਂ ਦੇ ਸਾਧੂ । ਸਾਚੋ—ਸਦਾ-ਥਿਰ ਰਹਿਣ ਵਾਲਾ । ਮਨਿ—ਮਨ ਦੀ ਰਾਹੀਂ । ਏਕਾ—ਕੇਵਲ, ਸਿਰਫ਼ ।੧।

ਅਜਰਾਵਰੁ—{ਅਜਰ ਅਵਰ} । ਅਜਰ—ਕਦੇ ਬੁੱਢਾ ਨਾਹ ਹੋਣ ਵਾਲਾ । ਅਵਰੁ—{ਅÄਯੰਤ œÕਠ} ਅੱਤ ਸ੍ਰੇਸ਼ਟ । ਰਸਾਇਣ—{ਰਸ ਅਯਨੁ} ਰਸਾਂ ਦਾ ਘਰ, ਰਸਾਂ ਦਾ ਸੋਮਾ । ਭਾਇ—ਪ੍ਰੇਮ ਨਾਲ । ਪਰਹਰਿ—ਪਰਹਰੇ, ਦੂਰ ਕਰ ਲੈਂਦਾ ਹੈ ।੧।ਰਹਾਉ।

ਨਾਮਿ—ਨਾਮ ਦੀ ਰਾਹੀਂ । ਉਧਾਰਾ—(ਪਾਪਾਂ ਤੋਂ) ਬਚਾਉ । ਗੁਰਿ—ਗੁਰਿ ਦੀ ਰਾਹੀਂ । ਸਬਦਿ—ਸ਼ਬਦ ਦੀ ਰਾਹੀਂ । ਬੀਚਾਰਾ—ਸ੍ਰੇਸ਼ਟ ਵਿਚਾਰ । ਕਿਲਵਿਖ—ਪਾਪ ।੨।

ਬਿਲੋਵੈ—ਰਿੜਕਦਾ ਹੈ । ਮਥੈ—ਮਥਦਾ ਹੈ । ਤਤੁ—ਮੱਖਣ, ਸ੍ਰੇਸ਼ਟ ਵਸਤ । ਅੰਧੁ—ਅੰਨ੍ਹਾ ਮਨੁੱਖ । ਦਧਿ—ਦਹੀਂ । ਮਥੀਐ—ਰਿੜਕੀਏ । ਨਿਧਾਨਾ—ਖ਼ਜ਼ਾਨਾ (ਸਭ ਪਦਾਰਥਾਂ ਦਾ) । ਜਾਣਨੀ—ਜਾਣਨਿ, ਜਾਣਦੇ ਹਨ । ਪਸੂ—ਪਸ਼ੂ-ਸੁਭਾਵ ।੩।

ਮਰੀ—(ਆਤਮਕ) ਮੌਤ । ਮਰੁ—ਮੌਤ । ਵਾਰੋ ਵਾਰ—ਮੁੜ ਮੁੜ । ਸਬਦੇ—ਸ਼ਬਦ ਦੀ ਰਾਹੀਂ । ਮਰੈ—(ਆਪਾ-ਭਾਵ ਵਲੋਂ) ਮਰਦਾ ਹੈ । ਨ ਮਰੈ—'ਹਉਮੈ' ਦੀ ਮੌਤ ਨਹੀਂ ਮਰਦਾ । ਜਗਜੀਵਨੁ—ਜਗਤ ਦਾ ਜੀਵਨ ਪ੍ਰਭੂ । ਮਨਿ—(ਜਿਸ ਦੇ) ਮਨ ਵਿਚ । ਸਭਿ—ਸਾਰੇ ।੪।

ਸਚਾ—ਸਦਾ-ਥਿਰ ਰਹਿਣ ਵਾਲਾ । ਲਾਹਾ—ਖੱਟੀ । ਸੰਸਾਰਿ—ਸੰਸਾਰ ਵਿਚ । ਵੀਚਾਰਾ—ਸੂਝ । ਦੂਜੈ ਭਾਇ—ਪ੍ਰਭੂ ਤੋਂ ਬਿਨਾ ਕਿਸੇ ਹੋਰ ਪ੍ਰੇਮ ਵਿਚ । ਤੋਟਾ—ਘਾਟਾ (ਆਤਮਕ ਜੀਵਨ ਵਿਚ) ।੫।

ਸਚੀ—ਸਦਾ ਇਕ-ਰਸ ਰਹਿਣ ਵਾਲੀ, ਉਕਾਈ ਨ ਖਾਣ ਵਾਲੀ । ਭਾਉ—ਪ੍ਰੇਮ । ਆਧਾਰਾ—ਆਸਰਾ । ਬਾਣੀ—ਬਾਣੀ ਦੀ ਰਾਹੀਂ । ਸੰਤੋਖਿਆ—(ਜੋ ਮਨੁੱਖ ਮਾਇਆ ਦੀ ਤ੍ਰਿਸ਼ਨਾ ਵਲੋਂ) ਸੰਤੋਖੀ ਹੋ ਜਾਂਦਾ ਹੈ ।੬।

ਸੰਘਾਰਾ—ਵਿਆਪਦੇ ਹਨ । ਮੋਟਾ—ਵੱਡਾ । ਗਲਿ—ਗਲ ਵਿਚ । ਸਾਰਾ—ਸ੍ਰੇਸ਼ਟ ।੭।

ਅਗਮ—ਅਪਹੁੰਚ । ਅਗੋਚਰੁ—ਅ-ਗੋ-ਚਰੁ, ਜਿਸ ਤਕ ਗਿਆਨ-ਇੰਦ੍ਰਿਆਂ ਦੀ ਪਹੁੰਚ ਨ ਹੋ ਸਕੇ । ਧਣੀ—ਮਾਲਕ । ਅਵਿਗਤੁ—{ਆ।ਯÙ¯} ਅਦ੍ਰਿਸ਼ਟ । ਅਪਾਰਾ—ਅਪਾਰ, ਜਿਸ ਦਾ ਪਾਰਲਾ ਬੰਨਾ ਨਾਹ ਲੱਭ ਸਕੇ । ਦਰੁ—ਦਰਵਾਜ਼ਾ । ਜੋਈਐ—ਢੂੰਢੀਏ । ਮੁਕਤੇ—ਵਿਕਾਰਾਂ ਤੋਂ ਖ਼ਲਾਸੀ । ਚੂਕਈ—ਮੁੱਕਦਾ ।੮।

ਅਰਥ :—ਹੇ ਪ੍ਰਭੂ! ਸਾਰੀ ਸ੍ਰਿਸ਼ਟੀ ਨਾਸਵੰਤ ਹੈ । (ਪਰ) ਤੂੰ ਕਦੇ ਬੁੱਢਾ ਨਹੀਂ ਹੁੰਦਾ, ਤੂੰ ਅੱਤ ਸ੍ਰੇਸ਼ਟ ਹੈਂ, ਤੂੰ ਮੌਤ ਤੋਂ ਰਹਿਤ ਹੈਂ । ਤੇਰਾ ਨਾਮ ਸਾਰੇ ਰਸਾਂ ਦਾ ਸੋਮਾ ਹੈ । ਜੇਹੜਾ ਜੀਵ (ਤੇਰਾ ਨਾਮ) ਪ੍ਰੇਮ ਨਾਲ ਜਪਦਾ ਹੈ, ਉਹ ਆਪਣਾ ਵੱਡੇ ਤੋਂ ਵੱਡਾ ਦੁੱਖ ਦੂਰ ਕਰ ਲੈਂਦਾ ਹੈ ।੧।ਰਹਾਉ।

ਅਨੇਕਾਂ ਰਿਸ਼ੀ ਮੁਨੀ (ਮੋਨਧਾਰੀ) ਵੇਦ ਪੁਰਾਣ (ਆਦਿਕ ਧਰਮ ਪੁਸਤਕਾਂ) ਸੁਣਾ ਸੁਣਾ ਕੇ ਸੁਣ ਸੁਣ ਕੇ ਥੱਕ ਗਏ, ਸਭ ਭੇਖਾਂ ਦੇ ਅਨੇਕਾਂ ਸਾਧੂ ਅਠਾਹਠ ਤੀਰਥਾਂ ਤੇ ਭੌਂ ਭੌਂ ਕੇ ਥੱਕ ਗਏ (ਪਰੰਤੂ ਪਰਮਾਤਮਾ ਨੂੰ ਪ੍ਰਸੰਨ ਨਾਹ ਕਰ ਸਕੇ) । ਉਹ ਸਦਾ-ਥਿਰ ਰਹਿਣ ਵਾਲਾ ਪਵਿਤ੍ਰ ਮਾਲਕ ਸਿਰਫ਼ ਮਨ (ਦੀ ਪਵਿਤ੍ਰਤਾ) ਦੀ ਰਾਹੀਂ ਪਤੀਜਦਾ ਹੈ ।੧।

(ਹੇ ਭਾਈ!) ਪਰਮਾਤਮਾ ਦਾ ਨਾਮ (ਹੀ) ਪੜ੍ਹਨਾ ਚਾਹੀਦਾ ਹੈ ਨਾਮ ਹੀ ਸਮਝਣਾ ਚਾਹੀਦਾ ਹੈ, ਗੁਰੂ ਦੀ ਸਿੱਖਿਆ ਲੈ ਕੇ ਪ੍ਰਭੂ ਦੇ ਨਾਮ ਦੀ ਰਾਹੀਂ ਹੀ (ਪਾਪਾਂ ਤੋਂ) ਬਚਾਉ ਹੁੰਦਾ ਹੈ । ਇਹ ਪੂਰੀ ਮਤਿ ਤੇ ਸ੍ਰੇਸ਼ਟ ਵਿਚਾਰ ਪੂਰੇ ਗੁਰੂ ਦੀ ਰਾਹੀਂ ਪੂਰੇ ਗੁਰੂ ਦੇ ਸ਼ਬਦ ਵਿਚ ਜੁੜਿਆਂ ਹੀ ਮਿਲਦੀ ਹੈ ਕਿ ਪਰਮਾਤਮਾ ਦਾ ਨਾਮ ਅਠਾਹਠ ਤੀਰਥਾਂ ਦਾ ਇਸ਼ਨਾਨ ਹੈ, ਤੇ ਸਾਰੇ ਪਾਪ ਨਾਸ ਕਰਨ ਦੇ ਸਮਰੱਥ ਹੈ ।੨।

ਜੇਹੜਾ ਮਨੁੱਖ ਪਾਣੀ ਰਿੜਕਦਾ ਹੈ, (ਸਦਾ) ਪਾਣੀ (ਹੀ) ਰਿੜਕਦਾ ਹੈ ਪਰ ਮੱਖਣ ਹਾਸਲ ਕਰਨਾ ਚਾਹੁੰਦਾ ਹੈ, ਉਹ (ਅਕਲੋਂ) ਅੰਨ੍ਹਾ ਹੈ ਉਹ ਅਗਿਆਨੀ ਹੈ । ਜੇ ਦਹੀਂ ਰਿੜਕੀਏ ਤਾਂ ਮੱਖਣ ਲੱਭਦਾ ਹੈ (ਇਸੇ ਤਰ੍ਹਾਂ) ਜੇ ਗੁਰੂ ਦੀ ਮਤਿ ਲਈਏ ਤਾਂ ਪ੍ਰਭੂ ਦਾ ਨਾਮ ਮਿਲਦਾ ਹੈ ਜੋ (ਸਾਰੇ ਸੁਖਾਂ ਦਾ) ਖ਼ਜ਼ਾਨਾ ਹੈ । ਪਰ ਆਪਣੇ ਮਨ ਦੇ ਪਿੱਛੇ ਹਰਨ ਵਾਲੇ ਮਨੁੱਖ ਇਸ ਭੇਤ ਨੂੰ ਨਹੀਂ ਸਮਝਦੇ, ਉਹ ਪਸ਼ੂ-ਬ੍ਰਿਤੀ ਵਿਚ ਟਿਕੇ ਰਹਿੰਦੇ ਹਨ ।੩।

ਹਉਮੈ ਤੇ ਮਮਤਾ ਨਿਰੀ ਆਤਮਕ ਮੌਤ ਹੈ, ਇਸ ਆਤਮਕ ਮੌਤੇ ਮਰ ਕੇ ਜੀਵ ਮੁੜ ਮੁੜ ਜੰਮਦਾ ਮਰਦਾ ਹੈ । ਜੋ ਮਨੁੱਖ ਗੁਰੂ ਦੇ ਸ਼ਬਦ ਦੀ ਰਾਹੀਂ (ਇਸ ਹਉਮੈ ਤੇ ਮਮਤਾ ਵਲੋਂ) ਸਦਾ ਲਈ ਤਰਕ ਕਰ ਲਏ ਤਾਂ ਉਹ ਮੁੜ ਕਦੇ ਆਤਮਕ ਮੌਤ ਨਹੀਂ ਸਹੇੜਦਾ । ਗੁਰੂ ਦੀ ਸਿੱਖਿਆ ਦੀ ਬਰਕਤਿ ਨਾਲ ਜਿਸ ਮਨੁੱਖ ਦੇ ਮਨ ਵਿਚ ਜਗਤ ਦਾ ਜੀਵਨ ਪਰਮਾਤਮਾ ਵੱਸ ਪੈਂਦਾ ਹੈ (ਆਪ ਤਾਂ ਤਰਦਾ ਹੀ ਹੈ) ਆਪਣੀਆਂ ਸਾਰੀਆਂ ਕੁਲਾਂ ਨੂੰ ਭੀ ਆਤਮਕ ਮੌਤ ਤੋਂ ਬਚਾ ਲੈਂਦਾ ਹੈ

।੪।

(ਜੀਵ-ਵਣਜਾਰਾ ਜਗਤ-ਹੱਟ ਵਿਚ ਵਪਾਰ ਕਰਨ ਆਇਆ ਹੈ) ਸਦਾ ਕਾਇਮ ਰਹਿਣ ਵਾਲਾ (ਕਦੇ ਨਾਸ ਨਾਹ ਹੋਣ ਵਾਲਾ) ਸੌਦਾ ਪਰਮਾਤਮਾ ਦਾ ਨਾਮ (ਹੀ) ਹੈ, ਇਹੀ ਐਸਾ ਵਪਾਰ ਹੈ ਜੋ ਸਦਾ-ਥਿਰ ਰਹਿੰਦਾ ਹੈ । ਜਿਸ ਮਨੁੱਖ ਨੂੰ ਗੁਰੂ ਦੀ ਮਤਿ ਲੈ ਕੇ ਇਹ ਸੂਝ ਆ ਜਾਂਦੀ ਹੈ ਉਹ ਜਗਤ (-ਹੱਟ) ਵਿਚ ਨਾਮ (ਦੀ) ਖੱਟੀ ਖੱਟਦਾ ਹੈ । ਪਰ ਜੇ ਮਾਇਆ ਦੇ ਪਿਆਰ ਵਿਚ ਹੀ (ਸਦਾ) ਕਿਰਤ-ਕਾਰ ਕੀਤੀ ਜਾਏ, ਤਾਂ ਸੰਸਾਰ ਵਿਚ (ਆਤਮਕ ਜੀਵਨ ਦੀ ਪੂੰਜੀ ਨੂੰ) ਘਾਟਾ ਹੀ ਘਾਟਾ ਪੈਂਦਾ ਹੈ ।੫।

ਜੇਹੜਾ ਮਨੁੱਖ ਸਦਾ-ਥਿਰ ਬਾਣੀ ਦੀ ਰਾਹੀਂ (ਮਾਇਆ ਦੀ ਤ੍ਰਿਸ਼ਨਾ ਵਲੋਂ) ਸੰਤੋਖੀ ਹੋ ਜਾਂਦਾ ਹੈ, ਜੇਹੜਾ ਗੁਰੂ ਦੇ ਸ਼ਬਦ ਨੂੰ ਆਪਣੀ ਸੋਚ-ਮੰਡਲ ਵਿਚ ਟਿਕਾਈ ਰੱਖਦਾ ਹੈ, ਪਰਮਾਤਮਾ ਦਾ ਸਦਾ-ਥਿਰ ਨਾਮ ਪਰਮਾਤਮਾ ਦਾ ਸਦਾ-ਥਿਰ ਪ੍ਰੇਮ ਉਸ (ਦੀ ਜ਼ਿੰਦਗੀ) ਦਾ ਆਸਰਾ ਬਣ ਜਾਂਦਾ ਹੈ ਉਸ ਦੇ ਆਤਮਕ ਜੀਵਨ ਦੀ ਸਦਾ-ਟਿਕਵੀਂ ਖ਼ੁਰਾਕ ਬਣ ਜਾਂਦਾ ਹੈ । ਉਸ ਦੀ ਸੰਗਤਿ ਪਵਿਤ੍ਰ, ਉਸ ਦਾ ਰਿਹੈਸ਼ੀ ਥਾਂ ਪਵਿਤ੍ਰ, ਉਸ ਦੇ ਘਰ ਬਾਰ ਪਵਿਤ੍ਰ ਹਨ ।੬।

ਪਰ ਦੁਨੀਆ ਦੇ ਰਸ ਮਾਣਨ ਨਾਲ, ਦੁਨੀਆ ਦੀਆਂ ਪਾਤਿਸ਼ਾਹੀਆਂ ਨਾਲ (ਮਨੁੱਖ ਨੂੰ) ਦੁਖ ਸੁਖ ਵਿਆਪਦੇ ਰਹਿੰਦੇ ਹਨ । ਜੇ (ਦੁਨੀਆ ਦੇ ਵਡੱਪਣ ਦੇ ਕਾਰਨ ਆਪਣਾ) ਵੱਡਾ ਨਾਮ ਭੀ ਰਖਾ ਲਈਏ, ਤਾਂ ਭੀ ਸਗੋਂ ਗਲ ਵਿਚ ਔਗੁਣਾਂ ਦੇ ਭਾਰ ਬੱਝ ਪੈਂਦੇ ਹਨ (ਜਿਨ੍ਹਾਂ ਕਰਕੇ ਮਨੁੱਖ ਸੰਸਾਰ-ਸਮੁੰਦਰ ਵਿਚ ਡੁੱਬਦਾ ਹੀ ਹੈ) ।

ਹੇ ਪ੍ਰਭੂ ! ਤੂੰ ਵੱਡਾ ਦਾਤਾ ਹੈਂ (ਸਭ ਦਾਤਾਂ ਦੇਂਦਾ ਹੈਂ), ਪਰ ਤੇਰੀਆਂ (ਮਾਇਕ) ਦਾਤਾਂ ਨਾਲ ਮਨੁੱਖਾਂ ਦੀ (ਮਾਇਆ ਵਲੋਂ) ਤ੍ਰਿਪਤੀ ਨਹੀਂ ਹੁੰਦੀ ।੭।

ਹੇ ਪ੍ਰਭੂ ! ਤੂੰ ਅਗਮ ਹੈਂ, ਗਿਆਨ-ਇੰਦ੍ਰਿਆਂ ਦੀ ਤੇਰੇ ਤਕ ਪਹੁੰਚ ਨਹੀਂ ਹੋ ਸਕਦੀ, ਤੂੰ ਸਭ ਪਦਾਰਥਾਂ ਦਾ ਮਾਲਕ ਹੈਂ, ਤੂੰ ਅਦ੍ਰਿਸ਼ਟ ਹੈਂ, ਤੂੰ ਬੇਅੰਤ ਹੈਂ । ਜੇ ਗੁਰੂ ਦੇ ਸ਼ਬਦ ਵਿਚ ਜੁੜ ਕੇ ਤੇਰਾ ਦਰਵਾਜ਼ਾ ਭਾਲੀਏ ਤਾਂ (ਤੇਰੇ ਦਰ ਤੋਂ ਨਾਮ ਦਾ ਉਹ) ਖ਼ਜ਼ਾਨਾ ਮਿਲਦਾ ਹੈ ਜੋ (ਮਾਇਆ ਦੇ ਮੋਹ ਵਲੋਂ) ਖ਼ਲਾਸੀ ਦੇਂਦਾ ਹੈ ।

ਹੇ ਨਾਨਕ ! (ਨਾਮ ਦਾ ਵਪਾਰ) ਸਦਾ-ਥਿਰ ਰਹਿਣ ਵਾਲਾ ਵਪਾਰ ਹੈ (ਇਸ ਵਪਾਰ ਦੀ ਬਰਕਤਿ ਨਾਲ ਜੀਵ-ਵਣਜਾਰੇ ਦਾ ਪਰਮਾਤਮਾ-ਸ਼ਾਹ ਨਾਲੋਂ ਕਦੇ) ਮਿਲਾਪ ਮੁੱਕਦਾ ਨਹੀਂ ।੮।੨।

ਮਾਰੂ ਮਹਲਾ ੧ ॥ ਬਿਖੁ ਬੋਹਿਥਾ ਲਾਦਿਆ ਦੀਆ ਸਮੁੰਦ ਮੰਝਾਰਿ ॥ ਕੰਧੀ ਦਿਸਿ ਨ ਆਵਈ ਨਾ ਉਰਵਾਰੁ ਨ ਪਾਰੁ ॥ ਵੰਝੀ ਹਾਥਿ ਨ ਖੇਵਟੂ ਜਲੁ ਸਾਗਰੁ ਅਸਰਾਲੁ ॥੧॥ ਬਾਬਾ ਜਗੁ ਫਾਥਾ ਮਹਾ ਜਾਲਿ ॥ ਗੁਰ ਪਰਸਾਦੀ ਉਬਰੇ ਸਚਾ ਨਾਮੁ ਸਮਾਲਿ ॥੧॥ ਰਹਾਉ ॥ ਸਤਿਗੁਰੂ ਹੈ ਬੋਹਿਥਾ ਸਬਦਿ ਲੰਘਾਵਣਹਾਰੁ ॥ ਤਿਥੈ ਪਵਣੁ ਨ ਪਾਵਕੋ ਨਾ ਜਲੁ ਨਾ ਆਕਾਰੁ ॥ ਤਿਥੈ ਸਚਾ ਸਚਿ ਨਾਇ ਭਵਜਲ ਤਾਰਣਹਾਰੁ ॥੨॥ ਗੁਰਮੁਖਿ ਲੰਘੇ ਸੇ ਪਾਰਿ ਪਏ ਸਚੇ ਸਿਉ ਲਿਵ ਲਾਇ ॥ ਆਵਾ ਗਉਣੁ ਨਿਵਾਰਿਆ ਜੋਤੀ ਜੋਤਿ ਮਿਲਾਇ ॥ ਗੁਰਮਤੀ ਸਹਜੁ ਊਪਜੈ ਸਚੇ ਰਹੈ ਸਮਾਇ ॥੩॥ ਸਪੁ ਪਿੜਾਈ ਪਾਈਐ ਬਿਖੁ ਅੰਤਰਿ ਮਨਿ ਰੋਸੁ ॥ ਪੂਰਬਿ ਲਿਖਿਆ ਪਾਈਐ ਕਿਸ ਨੋ ਦੀਜੈ ਦੋਸੁ ॥ ਗੁਰਮੁਖਿ ਗਾਰੜੁ ਜੇ ਸੁਣੇ ਮੰਨੇ ਨਾਉ ਸੰਤੋਸੁ ॥੪॥ ਮਾਗਰਮਛੁ ਫਹਾਈਐ ਕੁੰਡੀ ਜਾਲੁ ਵਤਾਇ ॥ ਦੁਰਮਤਿ ਫਾਥਾ ਫਾਹੀਐ ਫਿਰਿ ਫਿਰਿ ਪਛੋਤਾਇ ॥ ਜੰਮਣ ਮਰਣੁ ਨ ਸੁਝਈ ਕਿਰਤੁ ਨ ਮੇਟਿਆ ਜਾਇ ॥੫॥ ਹਉਮੈ ਬਿਖੁ ਪਾਇ ਜਗਤੁ ਉਪਾਇਆ ਸਬਦੁ ਵਸੈ ਬਿਖੁ ਜਾਇ ॥ ਜਰਾ ਜੋਹਿ ਨ ਸਕਈ ਸਚਿ ਰਹੈ ਲਿਵ ਲਾਇ ॥ ਜੀਵਨ ਮੁਕਤੁ ਸੋ ਆਖੀਐ ਜਿਸੁ ਵਿਚਹੁ ਹਉਮੈ ਜਾਇ ॥੬॥ ਧੰਧੈ ਧਾਵਤ ਜਗੁ ਬਾਧਿਆ ਨਾ ਬੂਝੈ ਵੀਚਾਰੁ ॥ ਜੰਮਣ ਮਰਣੁ ਵਿਸਾਰਿਆ ਮਨਮੁਖ ਮੁਗਧੁ ਗਵਾਰੁ ॥ ਗੁਰਿ ਰਾਖੇ ਸੇ ਉਬਰੇ ਸਚਾ ਸਬਦੁ ਵੀਚਾਰਿ ॥੭॥ ਸੂਹਟੁ ਪਿੰਜਰਿ ਪ੍ਰੇਮ ਕੈ ਬੋਲੈ ਬੋਲਣਹਾਰੁ ॥ ਸਚੁ ਚੁਗੈ ਅੰਮ੍ਰਿਤੁ ਪੀਐ ਉਡੈ ਤ ਏਕਾ ਵਾਰ ॥ ਗੁਰਿ ਮਿਲਿਐ ਖਸਮੁ ਪਛਾਣੀਐ ਕਹੁ ਨਾਨਕ ਮੋਖ ਦੁਆਰੁ ॥੮॥੨॥ {ਪੰਨਾ ੧੦੦੯-੧੦੧੦}

ਪਦ ਅਰਥ :—ਬੋਹਿਥਾ—ਜਹਾਜ਼, ਬੇੜਾ । ਦੀਆ—ਠੇਲ੍ਹ ਦਿੱਤਾ । ਮੰਝਾਰਿ—ਵਿਚ । ਕੰਧੀ—ਕੰਢਾ । ਉਰਵਾਰੁ—ਉਰਲਾ ਕੰਢਾ । ਵੰਝੀ—ਵੰਝ । ਹਾਥਿ—ਹੱਥ ਵਿਚ । ਖੇਵਟੂ—ਮਲਾਹ । ਅਸਰਾਲੁ—ਭਿਆਨਕ ।੨।

ਬਾਬਾ—ਹੇ ਭਾਈ ! ਜਾਲਿ—ਜਾਲ ਵਿਚ । ਪਰਸਾਦੀ—ਕਿਰਪਾ ਨਾਲ । ਸਮਾਲਿ—ਸੰਭਾਲ ਕੇ ।੧।ਰਹਾਉ।

ਸਬਦਿ—ਸ਼ਬਦ ਵਿਚ (ਜੋੜ ਕੇ) । ਤਿਥੈ—ਉਸ ਆਤਮਕ ਅਵਸਥਾ ਵਿਚ, ਉਸ ਥਾਂ । ਪਾਵਕੋ—ਅੱਗ । ਆਕਾਰੁ—(ਦਿੱਸਦਾ) ਜਗਤ । ਨਾਇ—ਨਾਮ ਵਿਚ । ਸਚਿ ਨਾਇ—ਸਦਾ-ਥਿਰ ਨਾਮ ਵਿਚ (ਜੋੜ ਕੇ) ।੨।

ਗੁਰਮੁਖਿ—ਗੁਰੂ ਦੀ ਸਰਨ ਪੈ ਕੇ । ਆਵਾਗਉਣੁ—ਜੰਮਣਾ ਮਰਨਾ, ਜਨਮ ਮਰਨ ਦਾ ਗੇੜ । ਨਿਵਾਰਿਆ—ਦੂਰ ਕਰ ਦਿੱਤਾ । ਸਹਜੁ—ਅਡੋਲ ਆਤਮਕ ਅਵਸਥਾ ।੩।

ਪਿੜਾਈ—ਪਟਾਰੀ ਵਿਚ । ਮਨਿ—ਮਨ ਵਿਚ । ਰੋਸੁ—ਕ੍ਰੋਧ । ਦੀਜੈ—ਦਿੱਤਾ ਜਾਏ । ਗਾਰੜੁ—(ਸੱਪ ਦੇ ਜ਼ਹਿਰ ਨੂੰ ਦੂਰ ਕਰਨ ਵਾਲਾ) ਗਾਰੜ ਮੰਤਰ । ਸੰਤੋਸੁ—ਸੰਤੋਖ, ਆਤਮਕ ਠੰਢ, ਸ਼ਾਂਤੀ ।੪।

ਫਹਾਈਐ—ਫਸਾ ਲਈਦਾ ਹੈ । ਵਤਾਇ—ਪਾ ਕੇ । ਫਾਥਾ—ਫਸਿਆ ਹੋਇਆ । ਫਾਹੀਐ—ਫਸ ਜਾਂਦਾ ਹੈ । ਕਿਰਤੁ—ਕੀਤੇ ਕਰਮਾਂ ਦੇ ਸੰਸਕਾਰਾਂ ਦਾ ਇਕੱਠ ।੫।

ਬਿਖੁ—ਜ਼ਹਿਰ । ਜਾਇ—ਦੂਰ ਹੋ ਜਾਂਦਾ ਹੈ । ਜਰਾ—ਬੁਢੇਪਾ । ਸਚਿ—ਸਦਾ-ਥਿਰ ਪ੍ਰਭੂ ਵਿਚ । ਮੁਕਤੁ—ਵਿਕਾਰਾਂ ਤੋਂ ਆਜ਼ਾਦ ।੬।

ਧੰਧੈ—ਧੰਧੇ ਵਿਚ । ਮੁਗਧੁ—ਮੂਰਖ । ਗੁਰਿ—ਗੁਰੂ ਨੇ । ਵੀਚਾਰਿ—ਵਿਚਾਰ ਕੇ । {ਨੋਟ :—ਲਫ਼ਜ਼ 'ਵੀਚਾਰੁ' ਅਤੇ 'ਵੀਚਾਰਿ' ਦਾ ਫ਼ਰਕ ਚੇਤੇ ਰਖਣ-ਜੋਗ ਹੈ} ।

ਸੂਹਟੁ—ਤੋਤਾ । ਪਿੰਜਰਿ—ਪਿੰਜਰੇ ਵਿਚ । ਪੀਐ—ਪੀਂਦਾ ਹੈ । ਗੁਰਿ ਮਿਲਿਐ—ਜੇ ਗੁਰੂ ਮਿਲ ਪਏ । ਮੋਖ—ਵਿਕਾਰਾਂ ਤੋਂ ਖ਼ਲਾਸੀ । ਦੁਆਰੁ—ਦਰਵਾਜ਼ਾ ।੮।

ਅਰਥ :—ਹੇ ਭਾਈ! ਜਗਤ (ਮਾਇਆ-ਮੋਹ ਦੇ) ਬੜੇ ਵੱਡੇ ਜਾਲ ਵਿਚ ਫਸਿਆ ਹੋਇਆ ਹੈ । (ਇਸ ਜਾਲ ਵਿਚੋਂ) ਜੀਊਂਦੇ ਉਹ ਨਿਕਲਦੇ ਹਨ ਜੋ ਗੁਰੂ ਦੀ ਮੇਹਰ ਨਾਲ ਸਦਾ-ਥਿਰ ਪਰਮਾਤਮਾ ਦਾ ਨਾਮ ਸੰਭਾਲਦੇ ਹਨ ।੧।ਰਹਾਉ।

ਜਗਤ ਨੇ ਆਪਣੀ ਜ਼ਿੰਦਗੀ ਦਾ ਬੇੜਾ ਮਾਇਆ ਦੇ ਜ਼ਹਿਰ ਨਾਲ ਲੱਦਿਆ ਹੋਇਆ ਹੈ, ਤੇ ਇਸ ਨੂੰ ਸੰਸਾਰ-ਸਮੁੰਦਰ ਵਿਚ ਠੇਲ੍ਹ ਦਿੱਤਾ ਹੋਇਆ ਹੈ । (ਸੰਸਾਰ ਦਾ) ਕੰਢਾ ਦਿੱਸਦਾ ਨਹੀਂ, ਨਾਹ ਉਰਲਾ ਕੰਢਾ ਨਾਹ ਪਾਰਲਾ । ਨਾਹ ਹੀ (ਮੁਸਾਫ਼ਿਰ ਦੇ) ਹੱਥ ਵਿਚ ਵੰਝ ਹੈ, ਨਾਹ (ਬੇੜੇ ਨੂੰ ਚਲਾਣ ਵਾਲਾ ਕੋਈ) ਮਲਾਹ ਹੈ । (ਜਿਸ ਸਮੁੰਦਰ ਵਿਚੋਂ ਜਹਾਜ਼ ਲੰਘ ਰਿਹਾ ਹੈ ਉਹ) ਸਮੁੰਦਰ ਭਿਆਨਕ ਹੈ (ਉਸ ਦਾ ਠਾਠਾਂ ਮਾਰਦਾ) ਪਾਣੀ ਡਰਾਉਣਾ ਹੈ ।੧।

ਗੁਰੂ ਜਹਾਜ਼ ਹੈ, ਗੁਰੂ ਆਪਣੇ ਸ਼ਬਦ ਦੀ ਰਾਹੀਂ (ਜੀਵ-ਮੁਸਾਫ਼ਿਰਾਂ ਨੂੰ ਸੰਸਾਰ-ਸਮੁੰਦਰ ਵਿਚੋਂ) ਪਾਰ ਲੰਘਾਣ ਦੇ ਸਮਰੱਥ ਹੈ, (ਗੁਰੂ ਜਿਸ ਥਾਂ ਜਿਸ ਆਤਮਕ ਅਵਸਥਾ ਵਿਚ ਅਪੜਾ ਦੇਂਦਾ ਹੈ) ਉਥੇ ਨਾਹ ਹਵਾ ਨਾਹ ਅੱਗ ਨਾਹ ਪਾਣੀ ਨਾਹ ਇਹ ਸਭ ਕੁਝ ਜੋ ਦਿੱਸ ਰਿਹਾ ਹੈ (ਕੋਈ ਜ਼ੋਰ ਨਹੀਂ ਪਾ ਸਕਦਾ) । ਉਸ ਅਵਸਥਾ ਵਿਚ ਅੱਪੜਿਆ ਜੀਵ ਸਦਾ-ਥਿਰ ਪ੍ਰਭੂ (ਨਾਲ ਇਕ-ਮਿਕ ਹੁੰਦਾ ਹੈ), ਉਸ ਸਦਾ-ਥਿਰ ਪ੍ਰਭੂ ਦੇ ਨਾਮ ਵਿਚ ਲੀਨ ਹੁੰਦਾ ਹੈ ਜੋ ਜੀਵ ਸੰਸਾਰ-ਸਮੁੰਦਰ ਤੋਂ ਪਾਰ ਲੰਘਾਣ ਦੀ ਤਾਕਤ ਰੱਖਦਾ ਹੈ ।੨।

ਜੇਹੜੇ ਬੰਦੇ ਗੁਰੂ ਦੀ ਸਰਨ ਪੈ ਕੇ (ਇਸ ਸਮੁੰਦਰ ਵਿਚੋਂ) ਲੰਘਦੇ ਹਨ, ਉਹ ਸਦਾ-ਥਿਰ ਪਰਮਾਤਮਾ (ਦੇ ਚਰਨਾਂ) ਵਿਚ ਸੁਰਤਿ ਜੋੜ ਕੇ ਪਾਰਲੇ ਕੰਢੇ ਜਾ ਪਹੁੰਚਦੇ ਹਨ । (ਗੁਰੂ) ਉਹਨਾਂ ਦੀ ਜੋਤਿ ਪ੍ਰਭੂ ਦੀ ਜੋਤਿ ਵਿਚ ਮਿਲਾ ਕੇ ਉਹਨਾਂ ਦਾ ਜਨਮ ਮਰਨ ਦਾ ਗੇੜ ਮੁਕਾ ਦੇਂਦਾ ਹੈ । ਗੁਰੂ ਦੀ ਸਿੱਖਿਆ ਲੈ ਕੇ ਜਿਸ ਮਨੁੱਖ ਦੇ ਅੰਦਰ ਅਡੋਲ ਆਤਮਕ ਅਵਸਥਾ ਪੈਦਾ ਹੁੰਦੀ ਹੈ ਉਹ ਸਦਾ-ਥਿਰ ਪ੍ਰਭੂ ਵਿਚ ਲੀਨ ਰਹਿੰਦਾ ਹੈ ।੩।

ਜੇ ਸੱਪ ਨੂੰ ਪਟਾਰੀ ਵਿਚ ਪਾ ਦੇਈਏ ਤਾਂ ਉਸ ਦਾ ਜ਼ਹਿਰ ਉਸ ਦੇ ਅੰਦਰ ਹੀ ਟਿਕਿਆ ਰਹਿੰਦਾ ਹੈ (ਦੂਜਿਆਂ ਨੂੰ ਡੰਗ ਮਾਰਨ ਲਈ) ਗੁੱਸਾ ਭੀ ਉਸ ਦੇ ਮਨ ਵਿਚ ਮੌਜੂਦ ਰਹਿੰਦਾ ਹੈ (ਮਨੁੱਖ ਦਾ ਮਨ, ਮਾਨੋ, ਸੱਪ ਹੈ । ਕਿਸੇ ਧਾਰਮਿਕ ਭੇਸ ਨਾਲ ਮਨ ਦਾ ਮੰਦਾ ਸੁਭਾਉ ਬਦਲ ਨਹੀਂ ਸਕਦਾ), ਪਿਛਲੇ ਕੀਤੇ ਕਰਮਾਂ ਦੇ ਸੰਸਕਾਰਾਂ ਦੇ ਸੰਗ੍ਰਹਿ ਦਾ ਫਲ ਭੋਗਣਾ ਹੀ ਪੈਂਦਾ ਹੈ, ਕਿਸੇ ਜੀਵ ਨੂੰ (ਉਸ ਦੀ ਕਿਸੇ ਕੀਤੀ ਬੁਰਾਈ ਬਾਰੇ) ਦੋਸ ਨਹੀਂ ਦਿੱਤਾ ਜਾ ਸਕਦਾ । ਜੇ ਮਨੁੱਖ ਗੁਰੂ ਦੀ ਸਰਨ ਪੈ ਕੇ (ਮਨ-ਸੱਪ ਨੂੰ ਵੱਸ ਕਰਨ ਵਾਲਾ) ਗਾਰੜ ਮੰਤਰ (ਗੁਰੂ ਤੋਂ) ਸੁਣ ਲਏ, ਪਰਮਾਤਮਾ ਦਾ ਨਾਮ ਸੁਣਨ ਦੀ ਗੇਝ ਪਾ ਲਏ ਤਾਂ ਉਸ ਦੇ ਅੰਦਰ ਸ਼ਾਂਤੀ ਠੰਢ ਪੈਦਾ ਹੋ ਜਾਂਦੀ ਹੈ ।੪।

(ਦਰਿਆ ਵਿਚ) ਜਾਲ ਪਾ ਕੇ ਕੁੰਡੀ ਨਾਲ ਮਗਰਮੱਛ ਫਸਾ ਲਈਦਾ ਹੈ, ਤਿਵੇਂ ਭੈੜੀ ਮਤਿ ਵਿਚ ਫਸਿਆ ਜੀਵ ਮਾਇਆ ਦੇ ਮੋਹ ਵਿਚ ਕਾਬੂ ਆ ਜਾਂਦਾ ਹੈ (ਵਿਕਾਰ ਕਰਦਾ ਹੈ ਤੇ) ਮੁੜ ਮੁੜ ਪਛੁਤਾਂਦਾ (ਭੀ) ਹੈ । ਉਸ ਨੂੰ ਇਹ ਸੁੱਝਦਾ ਹੀ ਨਹੀਂ ਕਿ (ਇਹਨਾਂ ਵਿਕਾਰਾਂ ਦੇ ਕਾਰਨ) ਜਨਮ ਮਰਨ ਦਾ ਗੇੜ ਵਿਆਪੇਗਾ । (ਪਰ ਉਸ ਦੇ ਭੀ ਕੀਹ ਵੱਸ? ਪਿਛਲੇ ਕੀਤੇ ਕਰਮਾਂ ਦੇ ਸੰਸਕਾਰਾਂ ਦਾ ਇਕੱਠ (ਜੋ ਜੀਵ ਦੇ ਮਨ ਵਿਚ ਮੌਜੂਦ ਰਹਿੰਦਾ ਹੈ) ਮਿਟਾਇਆ ਨਹੀਂ ਜਾ ਸਕਦਾ ।੫।

ਕਰਤਾਰ ਨੇ ਜੀਵਾਂ ਦੇ ਅੰਦਰ ਹਉਮੈ ਦਾ ਜ਼ਹਿਰ ਪਾ ਕੇ ਜਗਤ ਪੈਦਾ ਕਰ ਦਿੱਤਾ ਹੈ । ਜਿਸ ਜੀਵ ਦੇ ਹਿਰਦੇ ਵਿਚ ਗੁਰੂ ਦਾ ਸ਼ਬਦ ਵੱਸ ਪੈਂਦਾ ਹੈ ਉਸ ਦਾ ਇਹ ਜ਼ਹਿਰ ਦੂਰ ਹੋ ਜਾਂਦਾ ਹੈ । (ਉਹ ਇਕ ਐਸੀ ਆਤਮਕ ਅਵਸਥਾ ਤੇ ਪਹੁੰਚਦਾ ਹੈ ਜਿਸ ਨੂੰ) ਬੁਢੇਪਾ ਪੋਹ ਨਹੀਂ ਸਕਦਾ, ਉਹ ਸਦਾ ਕਾਇਮ ਰਹਿਣ ਵਾਲੇ ਪਰਮਾਤਮਾ ਵਿਚ ਸੁਰਤਿ ਜੋੜੀ ਰੱਖਦਾ ਹੈ ।

ਜਿਸ ਮਨੁੱਖ ਦੇ ਅੰਦਰੋਂ ਹਉਮੈ ਦੂਰ ਹੋ ਜਾਏ ਉਸ ਦੀ ਬਾਬਤ ਕਹਿ ਸਕੀਦਾ ਹੈ ਕਿ ਉਹ ਸੰਸਾਰਕ ਜੀਵਨ ਜੀਊਂਦਿਆਂ ਹੀ ਮਾਇਆ ਦੇ ਬੰਧਨਾਂ ਤੋਂ ਆਜ਼ਾਦ ਹੈ ।੬।

ਦੁਨੀਆ ਦੇ ਕਾਰ-ਵਿਹਾਰ ਵਿਚ ਦੌੜ-ਭੱਜ ਕਰਦਾ ਕਰਦਾ ਮਨੁੱਖ ਮਾਇਆ ਦੇ ਮੋਹ ਵਿਚ ਬੱਝ ਜਾਂਦਾ ਹੈ, ਉਹ (ਇਸ ਵਿਚੋਂ ਨਿਕਲਣ ਦੀ ਕੋਈ) ਸੋਚ ਸੋਚ ਹੀ ਨਹੀਂ ਸਕਦਾ । ਆਪਣੇ ਮਨ ਦੇ ਪਿੱਛੇ ਤੁਰਨ ਵਾਲਾ ਮਨੁੱਖ ਅਜੇਹਾ ਮੂਰਖ ਤੇ ਬੁੱਧੂ ਬਣ ਜਾਂਦਾ ਹੈ ਕਿ ਉਹ ਜਨਮ ਮਰਨ ਦਾ ਗੇੜ ਭੁਲਾ ਹੀ ਬੈਠਦਾ ਹੈ । ਜਿਨ੍ਹਾਂ ਦੀ ਰੱਖਿਆ ਗੁਰੂ ਨੇ ਕੀਤੀ, ਉਹ ਸੱਚੇ ਸ਼ਬਦ ਨੂੰ ਸੋਚ-ਮੰਡਲ ਵਿਚ ਵਸਾ ਕੇ (ਮੋਹ ਦੀ ਜੇਵੜੀ ਵਿਚੋਂ) ਬਚ ਨਿਕਲੇ ।੭।

(ਤੋਤਾ ਆਪਣੇ ਮਾਲਕ ਦੇ ਪਿੰਜਰੇ ਵਿਚ ਪੈ ਕੇ ਉਹੀ ਬੋਲੀ ਬੋਲਦਾ ਹੈ ਜੋ ਮਾਲਕ ਸਿਖਾਂਦਾ ਹੈ, ਮਾਲਕ ਉਹ ਬੋਲੀ ਸੁਣ ਕੇ ਤੋਤੇ ਉਤੇ ਖ਼ੁਸ਼ ਹੁੰਦਾ ਹੈ) ਜੇਹੜਾ ਜੀਵ-ਤੋਤਾ ਪ੍ਰਭੂ ਦੇ ਪ੍ਰੇਮ ਦੇ ਪਿੰਜਰੇ ਵਿਚ ਪੈ ਕੇ ਉਹ ਬੋਲ ਬੋਲਦਾ ਹੈ ਜੋ ਇਸ ਦੇ ਅੰਦਰ ਬੋਲਣਹਾਰ ਪ੍ਰਭੂ ਨੂੰ ਪਸੰਦ ਹੈ, ਤਾਂ ਉਹ ਜੀਵ-ਤੋਤਾ ਸਦਾ-ਥਿਰ ਨਾਮ ਦੀ ਚੋਗ ਚੁਗਦਾ ਹੈ ਨਾਮ-ਅੰਮ੍ਰਿਤ ਪੀਂਦਾ ਹੈ । (ਸਰੀਰ-ਪਿੰਜਰੇ ਨੂੰ ਸਦਾ ਲਈ) ਇਕੋ ਵਾਰੀ ਹੀ ਤਿਆਗ ਜਾਂਦਾ ਹੈ (ਮੁੜ ਮੁੜ ਜਨਮ ਮਰਨ ਵਿਚ ਨਹੀਂ ਪੈਂਦਾ) ।

ਹੇ ਨਾਨਕ! ਆਖ—ਜੇ ਗੁਰੂ ਮਿਲ ਪਏ ਤਾਂ ਖਸਮ-ਪਰਮਾਤਮਾ ਨਾਲ ਡੂੰਘੀ ਸਾਂਝ ਪੈ ਜਾਂਦੀ ਹੈ, ਤੇ ਮਾਇਆ ਦੇ ਮੋਹ ਤੋਂ ਖ਼ਲਾਸੀ ਦਾ ਦਰਵਾਜ਼ਾ ਲੱਭ ਪੈਂਦਾ ਹੈ ।੮।੨।

ਮਾਰੂ ਮਹਲਾ ੧ ॥ ਸਬਦਿ ਮਰੈ ਤਾ ਮਾਰਿ ਮਰੁ ਭਾਗੋ ਕਿਸੁ ਪਹਿ ਜਾਉ ॥ ਜਿਸ ਕੈ ਡਰਿ ਭੈ ਭਾਗੀਐ ਅੰਮ੍ਰਿਤੁ ਤਾ ਕੋ ਨਾਉ ॥ ਮਾਰਹਿ ਰਾਖਹਿ ਏਕੁ ਤੂ ਬੀਜਉ ਨਾਹੀ ਥਾਉ ॥੧॥ ਬਾਬਾ ਮੈ ਕੁਚੀਲੁ ਕਾਚਉ ਮਤਿਹੀਨ ॥ ਨਾਮ ਬਿਨਾ ਕੋ ਕਛੁ ਨਹੀ ਗੁਰਿ ਪੂਰੈ ਪੂਰੀ ਮਤਿ ਕੀਨ ॥੧॥ ਰਹਾਉ ॥ ਅਵਗਣਿ ਸੁਭਰ ਗੁਣ ਨਹੀ ਬਿਨੁ ਗੁਣ ਕਿਉ ਘਰਿ ਜਾਉ ॥ ਸਹਜਿ ਸਬਦਿ ਸੁਖੁ ਊਪਜੈ ਬਿਨੁ ਭਾਗਾ ਧਨੁ ਨਾਹਿ ॥ ਜਿਨ ਕੈ ਨਾਮੁ ਨ ਮਨਿ ਵਸੈ ਸੇ ਬਾਧੇ ਦੂਖ ਸਹਾਹਿ ॥੨॥

ਜਿਨੀ ਨਾਮੁ ਵਿਸਾਰਿਆ ਸੇ ਕਿਤੁ ਆਏ ਸੰਸਾਰਿ ॥ ਆਗੈ ਪਾਛੈ ਸੁਖੁ ਨਹੀ ਗਾਡੇ ਲਾਦੇ ਛਾਰੁ ॥ ਵਿਛੁੜਿਆ ਮੇਲਾ ਨਹੀ ਦੂਖੁ ਘਣੋ ਜਮ ਦੁਆਰਿ ॥੩॥ ਅਗੈ ਕਿਆ ਜਾਣਾ ਨਾਹਿ ਮੈ ਭੂਲੇ ਤੂ ਸਮਝਾਇ ॥ ਭੂਲੇ ਮਾਰਗੁ ਜੋ ਦਸੇ ਤਿਸ ਕੈ ਲਾਗਉ ਪਾਇ ॥ ਗੁਰ ਬਿਨੁ ਦਾਤਾ ਕੋ ਨਹੀ ਕੀਮਤਿ ਕਹਣੁ ਨ ਜਾਇ ॥੪॥ ਸਾਜਨੁ ਦੇਖਾ ਤਾ ਗਲਿ ਮਿਲਾ ਸਾਚੁ ਪਠਾਇਓ ਲੇਖੁ ॥ ਮੁਖਿ ਧਿਮਾਣੈ ਧਨ ਖੜੀ ਗੁਰਮੁਖਿ ਆਖੀ ਦੇਖੁ ॥ ਤੁਧੁ ਭਾਵੈ ਤੂ ਮਨਿ ਵਸਹਿ ਨਦਰੀ ਕਰਮਿ ਵਿਸੇਖੁ ॥੫॥ ਭੂਖ ਪਿਆਸੋ ਜੇ ਭਵੈ ਕਿਆ ਤਿਸੁ ਮਾਗਉ ਦੇਇ ॥ ਬੀਜਉ ਸੂਝੈ ਕੋ ਨਹੀ ਮਨਿ ਤਨਿ ਪੂਰਨੁ ਦੇਇ ॥ ਜਿਨਿ ਕੀਆ ਤਿਨਿ ਦੇਖਿਆ ਆਪਿ ਵਡਾਈ ਦੇਇ ॥੬॥ ਨਗਰੀ ਨਾਇਕੁ ਨਵਤਨੋ ਬਾਲਕੁ ਲੀਲ ਅਨੂਪੁ ॥ ਨਾਰਿ ਨ ਪੁਰਖੁ ਨ ਪੰਖਣੂ ਸਾਚਉ ਚਤੁਰੁ ਸਰੂਪੁ ॥ ਜੋ ਤਿਸੁ ਭਾਵੈ ਸੋ ਥੀਐ ਤੂ ਦੀਪਕੁ ਤੂ ਧੂਪੁ ॥੭॥ ਗੀਤ ਸਾਦ ਚਾਖੇ ਸੁਣੇ ਬਾਦ ਸਾਦ ਤਨਿ ਰੋਗੁ ॥ ਸਚੁ ਭਾਵੈ ਸਾਚਉ ਚਵੈ ਛੂਟੈ ਸੋਗ ਵਿਜੋਗੁ ॥ ਨਾਨਕ ਨਾਮੁ ਨ ਵੀਸਰੈ ਜੋ ਤਿਸੁ ਭਾਵੈ ਸੁ ਹੋਗੁ ॥੮॥੩॥ {ਪੰਨਾ ੧੦੧੦}

ਪਦ ਅਰਥ :—ਮਰੈ—ਆਪਾ-ਭਾਵ ਤੋਂ ਮਰਦਾ ਹੈ । ਮਾਰਿ—ਮਾਰੈ, ਮਾਰ ਲੈਂਦਾ ਹੈ । ਮਰੁ—ਮੌਤ, ਮੌਤ ਦਾ ਡਰ । ਭਾਗੋ—ਭੱਜਿਆਂ । ਪਹਿ—ਪਾਸ । ਜਾਉ—ਮੈਂ ਜਾਵਾਂ । ਜਿਸ ਕੈ ਡਰਿ—ਜਿਸ ਪਰਮਾਤਮਾ ਤੇ ਡਰ ਨਾਲ । ਜਿਸ ਕੈ ਭੈ—ਜਿਸ ਪ੍ਰਭੂ ਦੇ ਡਰ ਵਿਚ ਰਹਿਣ ਨਾਲ । ਭਾਗੀਐ—ਭੱਜ ਸਕੀਦਾ ਹੈ, ਬਚ ਸਕੀਦਾ ਹੈ (ਮੌਤ ਦੇ ਡਰ ਤੋਂ) । ਅੰਮ੍ਰਿਤੁ—ਅਟੱਲ ਆਤਮਕ ਜੀਵਨ ਦੇਣ ਵਾਲਾ । ਤਾ ਕੋ—ਉਸ (ਪ੍ਰਭੂ) ਦਾ । ਬੀਜਉ—ਦੂਜਾ, ਕੋਈ ਹੋਰ ।੧।

ਬਾਬਾ—ਹੇ ਪ੍ਰਭੂ! ਕੁਚੀਲੁ—ਗੰਦਾ । ਕਾਚਉ—ਕੱਚਾ, ਕਮਜ਼ੋਰ । ਮਤਿ ਹੀਨ—ਅਕਲ ਤੋਂ ਸੱਖਣਾ । ਕੋ—ਕੋਈ ਜੀਵ । ਕਛੁ ਨਹੀ—ਕਾਸੇ ਜੋਗਾ ਨਹੀਂ । ਗੁਰਿ—ਗੁਰੂ ਨੇ । ਪੂਰੀ ਮਤਿ—ਉਕਾਈ ਨਾਹ ਖਾਣ ਵਾਲੀ ਅਕਲ ।੧।ਰਹਾਉ।

ਅਵਗਣਿ—ਔਗੁਣ ਵਿਚ । ਸੁਭਰ—ਨਕਾ-ਨਕ । ਘਰਿ—ਪ੍ਰਭੂ ਦੇ ਘਰ ਵਿਚ । ਜਾਉ—ਮੈਂ ਜਾਵਾਂ । ਸਹਜਿ—ਅਡੋਲ ਆਤਮਕ ਅਵਸਥਾ ਵਿਚ । ਧਨੁ—ਪਰਮਾਤਮਾ ਦਾ ਨਾਮ-ਧਨ । ਬਾਧੇ—ਪਾਪਾਂ ਵਿਚ ਬੱਝੇ ਹੋਏ ।੨।

ਕਿਤੁ—ਕਾਹਦੇ ਲਈ? ਸੰਸਾਰਿ—ਸੰਸਾਰ ਵਿਚ । ਆਗੈ ਪਾਛੈ—ਪਰਲੋਕ ਵਿਚ ਤੇ ਇਸ ਲੋਕ ਵਿਚ । ਗਾਡੇ—ਗੱਡੇ । ਛਾਰੁ—ਸੁਆਹ । ਘਣੋ—ਬਹੁਤ । ਦੁਆਰਿ—ਦੁਆਰ ਤੇ ।੩।

ਜਾਣਾ ਨਾਹਿ—ਮੈਂ ਨਹੀਂ ਜਾਣਦਾ । ਮੈ—ਮੈਨੂੰ । ਮਾਰਗੁ—ਰਸਤਾ । ਲਾਗਉ—ਮੈਂ ਲੱਗਦਾ ਹਾਂ । ਪਾਇ—ਪੈਰੀਂ ।੪।

ਸਾਜਨੁ—ਪ੍ਰੀਤਮ ਪ੍ਰਭੂ । ਗਲਿ—ਗਲ ਨਾਲ । ਸਾਚੁ—ਸਦਾ-ਥਿਰ ਪ੍ਰਭੂ ਦਾ ਨਾਮ । ਲੇਖੁ—ਚਿੱਠੀ । ਮੁਖਿ ਧਿਮਾਣੈ—ਨੀਵੇਂ ਮੂੰਹ, ਮੂੰਹ ਨੀਵਾਂ ਕਰ ਕੇ । ਧਨ—ਜੀਵ-ਇਸਤ੍ਰੀ । ਗੁਰਮੁਖਿ—ਗੁਰੂ ਦੀ ਸਰਨ ਪੈ ਕੇ । ਦੇਖੁ—ਵੇਖ ਲੈ । ਨਦਰੀ—ਮੇਹਰ ਦੀ ਨਿਗਾਹ ਨਾਲ । ਕਰਮਿ—ਬਖ਼ਸ਼ਸ਼ ਨਾਲ । ਵਿਸੇਖੁ—ਵਿਸ਼ੇਸ਼ਤਾ; ਵਡਿਆਈ ।੫।

ਭੂਖ ਪਿਆਸੋ—ਭੁੱਖਾ ਤਿਹਾਇਆ । ਮਾਗਉ—ਮੈਂ ਮੰਗਾਂ । ਕਿਆ ਦੇਇ—ਉਹ ਕੀਹ ਦੇ ਸਕਦਾ ਹੈ? ਪੂਰਨੁ—ਵਿਆਪਕ ਪ੍ਰਭੂ । ਜਿਨਿ—ਜਿਸ ਪ੍ਰਭੂ ਨੇ । ਦੇਖਿਆ—ਸੰਭਾਲ ਕੀਤੀ ਹੈ ।੬।

ਨਗਰੀ ਨਾਇਕੁ—ਸਰੀਰ-ਨਗਰੀ ਦਾ ਮਾਲਕ । ਨਵਤਨੋ—ਨਵਾਂ । ਬਾਲਕੁ—ਬਾਲ-ਸੁਭਾਉ ਵਾਲਾ, ਕਿਸੇ ਨਾਲ ਵੈਰ ਵਿਰੋਧ ਨਾਹ ਰੱਖਣ ਵਾਲਾ । ਲੀਲ ਅਨੂਪੁ—ਅਨੋਖੀਆਂ ਖੇਡਾਂ ਕਰਨ ਵਾਲਾ । ਪੰਖਣੂ—ਪੰਛੀ । ਸਾਚਉ—ਸਦਾ-ਥਿਰ ਰਹਿਣ ਵਾਲਾ । ਚਤੁਰੁ ਸਰੂਪੁ—ਅਕਲ ਦਾ ਪੁੰਜ । ਦੀਪਕੁ—ਚਾਨਣ ਦੇਣ ਵਾਲਾ । ਧੂਪੁ—ਸੁਗੰਧੀ ਦੇਣ ਵਾਲਾ ।੭।

ਬਾਦ—ਵਾਜੇ, ਗੀਤ । ਤਨਿ—ਤਨ ਵਿਚ । ਸਚੁ—ਸਦਾ-ਥਿਰ ਪ੍ਰਭੂ । ਸਾਚਉ—ਸਦਾ-ਥਿਰ ਰਹਿਣ ਵਾਲਾ (ਨਾਮ) ਹੀ । ਚਵੈ—ਬੋਲਦਾ ਹੈ । ਸੋਗ—ਗ਼ਮ, ਚਿੰਤਾ । ਵਿਜੋਗੁ—ਵਿਛੋੜਾ । ਹੋਗੁ—ਹੋਵੇਗਾ ।੮।

ਅਰਥ :—ਹੇ ਪ੍ਰਭੂ! (ਤੇਰੇ ਨਾਮ ਤੋਂ ਬਿਨਾ) ਮੈਂ ਗੰਦਾ ਹਾਂ, ਕਮਜ਼ੋਰ-ਦਿਲ ਹਾਂ, ਅਕਲ ਤੋਂ ਸੱਖਣਾ ਹਾਂ । ਤੇਰੇ ਨਾਮ ਤੋਂ ਬਿਨਾ ਕੋਈ ਭੀ ਜੀਵ ਕਾਸੇ ਜੋਗਾ ਨਹੀਂ ਹੈ (ਅਕਲੋਂ ਖ਼ਾਲੀ ਹੈ) । (ਜਿਸ ਮਨੁੱਖ ਨੂੰ ਪੂਰਾ ਗੁਰੂ ਮਿਲ ਪਿਆ) ਪੂਰੇ ਗੁਰੂ ਨੇ ਉਸ ਨੂੰ ਉਹ ਮਤਿ ਦੇ ਦਿੱਤੀ ਜਿਸ ਨਾਲ ਉਹ ਜੀਵਨ-ਸਫ਼ਰ ਵਿਚ ਉਕਾਈ ਨਾਹ ਖਾਏ ।੧।ਰਹਾਉ।

(ਜਦੋਂ ਮਨੁੱਖ ਗੁਰੂ ਦੇ) ਸ਼ਬਦ ਵਿਚ (ਜੁੜ ਕੇ) ਆਪਾ-ਭਾਵ ਤੋਂ ਮਰਦਾ ਹੈ ਤਦੋਂ ਉਹ ਮੌਤ ਦੇ ਡਰ ਨੂੰ ਮਾਰ ਲੈਂਦਾ ਹੈ । (ਉਂਵ ਮੌਤ ਤੋਂ) ਭੱਜ ਕੇ ਮੈਂ ਕਿਸ ਦੇ ਪਾਸ ਜਾ ਸਕਦਾ ਹਾਂ? ਜਿਸ ਪਰਮਾਤਮਾ ਦੇ ਡਰ ਵਿਚ ਰਿਹਾਂ ਅਦਬ ਵਿਚ ਰਿਹਾਂ (ਮੌਤ ਦੇ ਡਰ ਤੋਂ) ਬਚ ਸਕੀਦਾ ਹੈ (ਉਸ ਦਾ ਨਾਮ ਜਪਣਾ ਚਾਹੀਦਾ ਹੈ), ਉਸ ਦਾ ਨਾਮ ਅਟੱਲ ਆਤਮਕ ਜੀਵਨ ਦੇਣ ਵਾਲਾ ਹੈ ।

ਹੇ ਪ੍ਰਭੂ! ਤੂੰ ਆਪ ਹੀ ਮਾਰਦਾ ਹੈਂ ਤੂੰ ਆਪ ਹੀ ਰੱਖਿਆ ਕਰਦਾ ਹੈਂ । ਤੈਥੋਂ ਬਿਨਾ ਹੋਰ ਕੋਈ ਥਾਂ ਨਹੀਂ (ਜੋ ਮਾਰ ਸਕੇ ਜਾਂ ਮੌਤ ਤੋਂ ਬਚਾ ਸਕੇ) ।੧।

(ਪ੍ਰਭੂ ਦੇ ਨਾਮ ਤੋਂ ਖੁੰਝ ਕੇ) ਮੈਂ ਔਗੁਣ ਨਾਲ ਨਕਾ-ਨਕ ਭਰ ਜਾਂਦਾ ਹਾਂ, ਮੇਰੇ ਵਿਚ ਗੁਣ ਨਹੀਂ ਪੈਦਾ ਹੁੰਦੇ, ਤੇ ਗੁਣਾਂ ਤੋਂ ਬਿਨਾ ਮੈਂ (ਪਰਮਾਤਮਾ ਦੇ) ਦੇਸ ਵਿਚ ਕਿਵੇਂ ਪਹੁੰਚ ਸਕਦਾ ਹਾਂ? ਜੇਹੜਾ ਮਨੁੱਖ ਅਡੋਲ ਆਤਮਕ ਅਵਸਥਾ ਵਿਚ ਟਿਕਦਾ ਹੈ ਗੁਰੂ ਦੇ ਸ਼ਬਦ ਵਿਚ ਜੁੜਦਾ ਹੈ ਉਸ ਦੇ ਅੰਦਰ ਆਤਮਕ ਆਨੰਦ ਪੈਦਾ ਹੁੰਦਾ ਹੈ, ਪਰ ਇਹ ਨਾਮ-ਧਨ ਕਿਸਮਤ ਤੋਂ ਬਿਨਾ ਨਹੀਂ ਮਿਲਦਾ । ਜਿਨ੍ਹਾਂ ਦੇ ਮਨ ਵਿਚ ਪਰਮਾਤਮਾ ਦਾ ਨਾਮ ਨਹੀਂ ਵੱਸਦਾ, ਉਹ ਔਗੁਣਾਂ ਦੇ ਬੱਧੇ ਹੋਏ ਦੁੱਖ ਸਹਾਰਦੇ ਹਨ ।੨।

ਜਿਨ੍ਹਾਂ ਬੰਦਿਆਂ ਨੇ ਪਰਮਾਤਮਾ ਦਾ ਨਾਮ ਭੁਲਾ ਦਿੱਤਾ ਉਹ ਸੰਸਾਰ ਵਿਚ ਕਾਹਦੇ ਲਈ ਆਏ? ਉਹਨਾਂ ਨੂੰ ਨਾਹ ਪਰਲੋਕ ਵਿਚ ਸੁਖ, ਨਾਹ ਇਸ ਲੋਕ ਵਿਚ ਸੁਖ, ਉਹ ਤਾਂ ਸੁਆਹ ਦੇ ਲੱਦੇ ਹੋਏ ਗੱਡੇ ਹਨ (ਉਹਨਾਂ ਦੇ ਸਰੀਰ ਵਿਕਾਰਾਂ ਨਾਲ ਭਰੇ ਹੋਏ ਹਨ) । ਉਹ ਪਰਮਾਤਮਾ ਤੋਂ ਵਿਛੁੜੇ ਹੋਏ ਹਨ, ਪਰਮਾਤਮਾ ਨਾਲ ਉਹਨਾਂ ਨੂੰ ਮਿਲਾਪ ਨਸੀਬ ਨਹੀਂ ਹੁੰਦਾ, ਉਹ ਜਮਰਾਜ ਦੇ ਡਰ ਤੇ ਡਾਢਾ ਦੁੱਖ ਸਹਾਰਦੇ ਹਨ ।੩।

ਹੇ ਪ੍ਰਭੂ! ਮੈਨੂੰ ਇਹ ਸਮਝ ਨਹੀਂ ਕਿ ਤੇਰੇ ਨਾਮ ਤੋਂ ਖੁੰਝ ਕੇ ਜੀਵਨ-ਸਫ਼ਰ ਵਿਚ ਮੇਰੇ ਨਾਲ ਕਿਹੀ ਵਾਪਰੇਗੀ । ਮੈਨੂੰ ਭੁੱਲੇ ਹੋਏ ਨੂੰ, ਹੇ ਪ੍ਰਭੂ! ਤੂੰ ਆਪ ਅਕਲ ਦੇਹ । ਮੈਨੂੰ ਕੁਰਾਹੇ ਪਏ ਹੋਏ ਨੂੰ ਜੇਹੜਾ ਕੋਈ ਰਸਤਾ ਦੱਸੇਗਾ, ਮੈਂ ਉਸ ਦੇ ਪੈਰੀਂ ਲੱਗਾਂਗਾ । (ਸਹੀ ਰਸਤੇ ਦੀ) ਦਾਤਿ ਦੇਣ ਵਾਲਾ ਗੁਰੂ ਤੋਂ ਬਿਨਾ ਹੋਰ ਕੋਈ ਨਹੀਂ ਹੈ, ਗੁਰੂ ਦੀ ਬਖ਼ਸ਼ੀ ਇਸ ਦਾਤਿ ਦਾ ਮੁੱਲ ਪਾਇਆ ਨਹੀਂ ਜਾ ਸਕਦਾ ।੪।

(ਗੁਰੂ ਦੀ ਸਰਨ ਪੈ ਕੇ) ਮੈਂ ਸਦਾ-ਥਿਰ ਪ੍ਰਭੂ ਦਾ ਸਿਮਰਨ ਕਰ ਰਹੀ ਹਾਂ, ਇਹ ਸਿਮਰਨ-ਰੂਪ ਚਿੱਠੀ ਮੈਂ (ਪ੍ਰਭੂ-ਪਤੀ ਨੂੰ) ਭੇਜੀ ਹੈ, ਜਦੋਂ ਉਸ ਸੱਜਣ-ਪ੍ਰਭੂ ਦਾ ਮੈਂ ਦਰਸਨ ਕਰਾਂਗੀ ਤਾਂ ਮੈਂ ਉਸ ਦੇ ਗਲ ਨਾਲ ਲੱਗ ਜਾਵਾਂਗੀ ।

(ਪ੍ਰਭੂ ਦੀ ਯਾਦ ਤੋਂ ਖੁੰਝ ਕੇ) ਹੇ ਨਿਮੋ-ਝੂਣ ਖਲੋਤੀ ਜੀਵ-ਇਸਤ੍ਰੀ! ਤੂੰ ਭੀ ਗੁਰੂ ਦੀ ਸਰਨ ਪਉ, ਤੇ ਆਪਣੀ ਅੱਖੀਂ ਉਸ ਦਾ ਦਰਸ਼ਨ ਕਰ ਲੈ ।

(ਪਰ, ਹੇ ਪ੍ਰਭੂ! ਸਾਡੇ ਜੀਵਾਂ ਦੇ ਕੀਹ ਵੱਸ?) ਜੇ ਤੈਨੂੰ ਚੰਗਾ ਲੱਗੇ ਤਾਂ ਤੂੰ ਜੀਵਾਂ ਦੇ ਮਨ ਵਿਚ ਆ ਪਰਗਟਦਾ ਹੈਂ, ਤੇਰੀ ਮੇਹਰ ਦੀ ਨਿਗਾਹ ਨਾਲ ਤੇਰੀ ਬਖ਼ਸ਼ਸ਼ ਨਾਲ ਤੇਰੇ ਦਰਸਨ ਦੀ ਵਡਿਆਈ ਮਿਲਦੀ ਹੈ ।੫।

ਜੇ ਕੋਈ ਮਨੁੱਖ ਆਪ ਹੀ (ਮਾਇਆ ਦੇ ਮੋਹ ਵਿਚ) ਭੁੱਖਾ ਤਿਹਾਇਆ ਭਟਕ ਰਿਹਾ ਹੋਵੇ, ਮੈਂ ਉਸ ਪਾਸੋਂ ਕੀਹ (ਨਾਮ ਦੀ ਦਾਤਿ) ਮੰਗ ਸਕਦਾ ਹਾਂ? ਉਹ ਮੈਨੂੰ ਕੀਹ ਦੇ ਸਕਦਾ ਹੈ? ਮੈਨੂੰ ਤਾਂ ਹੋਰ ਕੋਈ (ਦਾਤਾ) ਨਹੀਂ ਸੁੱਝਦਾ, (ਹਾਂ,) ਉਹੀ ਪਰਮਾਤਮਾ ਦੇ ਸਕਦਾ ਹੈ ਜੋ ਜੀਵਾਂ ਦੇ ਮਨ ਵਿਚ ਤਨ ਵਿਚ ਭਰਪੂਰ ਹੈ । ਜਿਸ ਪਰਮਾਤਮਾ ਨੇ ਇਹ ਜਗਤ ਰਚਿਆ ਹੈ ਉਸ ਨੇ ਆਪ ਹੀ ਇਸ ਦੀ ਸੰਭਾਲ ਭੀ ਕਰਨੀ ਹੈ । ਉਹ ਆਪ ਹੀ ਆਪਣੇ (ਨਾਮ ਦੀ ਦਾਤਿ ਦੀ) ਵਡਿਆਈ ਦੇਂਦਾ ਹੈ ।੬।

ਪਰਮਾਤਮਾ ਇਹਨਾਂ ਸਰੀਰਾਂ ਦਾ ਮਾਲਕ ਹੈ, (ਜੀਵਾਂ ਨੂੰ ਪਿਆਰ ਕਰਨ ਵਿਚ ਉਹ ਹਰ ਵੇਲੇ) ਨਵਾਂ ਹੈ, ਬਾਲਕ (ਵਾਂਗ ਉਹ ਨਿਰਵੈਰ) ਹੈ, ਉਹ ਅਨੋਖੇ ਕੌਤਕ ਕਰਨਹਾਰ ਹੈ । ਪਰਮਾਤਮਾ ਸਦਾ-ਥਿਰ ਰਹਿਣ ਵਾਲਾ ਹੈ, ਅਕਲ ਦਾ ਪੁੰਜ ਹੈ, (ਇਸਤ੍ਰੀ ਮਰਦ ਪੰਛੀ ਆਦਿਕ ਸਭਨਾਂ ਵਿਚ ਮੌਜੂਦ ਹੈ) ਪਰ ਉਹ ਕੋਈ ਖ਼ਾਸ ਇਸਤ੍ਰੀ ਨਹੀਂ, ਕੋਈ ਖ਼ਾਸ ਮਰਦ ਨਹੀਂ, ਕੋਈ ਖ਼ਾਸ ਪੰਛੀ ਨਹੀਂ । ਜਗਤ ਵਿਚ ਉਹੀ ਕੁਝ ਹੋ ਰਿਹਾ ਹੈ ਜੋ ਉਸ ਨੂੰ ਭਾਉਂਦਾ ਹੈ ।

ਹੇ ਪ੍ਰਭੂ! ਤੂੰ ਸਭ ਜੀਵਾਂ ਨੂੰ ਚਾਨਣ (ਗਿਆਨ) ਦੇਣ ਵਾਲਾ ਹੈਂ, ਤੂੰ ਸਭ ਨੂੰ ਸੁਗੰਧੀ (ਮਿੱਠਾ ਸੁਭਾਉ) ਦੇਣ ਵਾਲਾ ਹੈਂ ।੭।

ਦੁਨੀਆ ਦੇ ਗੀਤ ਸੁਣ ਵੇਖੇ ਹਨ, ਸੁਆਦ ਚੱਖ ਵੇਖੇ ਹਨ; ਇਹ ਗੀਤ ਤੇ ਸੁਆਦ ਸਰੀਰ ਵਿਚ ਰੋਗ ਹੀ ਪੈਦਾ ਕਰਦੇ ਹਨ । ਜਿਸ ਮਨੁੱਖ ਨੂੰ ਸਦਾ-ਥਿਰ ਪ੍ਰਭੂ ਪਿਆਰਾ ਲੱਗਦਾ ਹੈ ਜੋ ਮਨੁੱਖ ਸਦਾ-ਥਿਰ ਪ੍ਰਭੂ ਦਾ ਨਾਮ ਸਿਮਰਦਾ ਹੈ, ਉਸ ਦਾ (ਪ੍ਰਭੂ ਨਾਲੋਂ) ਵਿਛੋੜਾ ਮੁੱਕ ਜਾਂਦਾ ਹੈ, ਉਸ ਦੀ ਚਿੰਤਾ ਦੂਰ ਹੋ ਜਾਂਦੀ ਹੈ ।

ਹੇ ਨਾਨਕ! ਜਿਸ ਮਨੁੱਖ ਨੂੰ ਪ੍ਰਭੂ ਦਾ ਨਾਮ ਨਹੀਂ ਭੁੱਲਦਾ, ਉਸ ਨੂੰ ਇਹ ਯਕੀਨ ਬਣ ਜਾਂਦਾ ਹੈ ਕਿ ਜਗਤ ਵਿਚ ਉਹੀ ਕੁਝ ਹੁੰਦਾ ਹੈ ਜੋ ਪ੍ਰਭੂ ਨੂੰ ਪਸੰਦ ਆਉਂਦਾ ਹੈ ।੮।੩।

ਮਾਰੂ ਮਹਲਾ ੧ ॥ ਸਾਚੀ ਕਾਰ ਕਮਾਵਣੀ ਹੋਰਿ ਲਾਲਚ ਬਾਦਿ ॥ ਇਹੁ ਮਨੁ ਸਾਚੈ ਮੋਹਿਆ ਜਿਹਵਾ ਸਚਿ ਸਾਦਿ ॥ ਬਿਨੁ ਨਾਵੈ ਕੋ ਰਸੁ ਨਹੀ ਹੋਰਿ ਚਲਹਿ ਬਿਖੁ ਲਾਦਿ ॥੧॥ ਐਸਾ ਲਾਲਾ ਮੇਰੇ ਲਾਲ ਕੋ ਸੁਣਿ ਖਸਮ ਹਮਾਰੇ ॥ ਜਿਉ ਫੁਰਮਾਵਹਿ ਤਿਉ ਚਲਾ ਸਚੁ ਲਾਲ ਪਿਆਰੇ ॥੧॥ ਰਹਾਉ ॥ ਅਨਦਿਨੁ ਲਾਲੇ ਚਾਕਰੀ ਗੋਲੇ ਸਿਰਿ ਮੀਰਾ ॥ ਗੁਰ ਬਚਨੀ ਮਨੁ ਵੇਚਿਆ ਸਬਦਿ ਮਨੁ ਧੀਰਾ ॥ ਗੁਰ ਪੂਰੇ ਸਾਬਾਸਿ ਹੈ ਕਾਟੈ ਮਨ ਪੀਰਾ ॥੨॥ ਲਾਲਾ ਗੋਲਾ ਧਣੀ ਕੋ ਕਿਆ ਕਹਉ ਵਡਿਆਈਐ ॥ ਭਾਣੈ ਬਖਸੇ ਪੂਰਾ ਧਣੀ ਸਚੁ ਕਾਰ ਕਮਾਈਐ ॥ ਵਿਛੁੜਿਆ ਕਉ ਮੇਲਿ ਲਏ ਗੁਰ ਕਉ ਬਲਿ ਜਾਈਐ ॥੩॥ ਲਾਲੇ ਗੋਲੇ ਮਤਿ ਖਰੀ ਗੁਰ ਕੀ ਮਤਿ ਨੀਕੀ ॥ ਸਾਚੀ ਸੁਰਤਿ ਸੁਹਾਵਣੀ ਮਨਮੁਖ ਮਤਿ ਫੀਕੀ ॥ ਮਨੁ ਤਨੁ ਤੇਰਾ ਤੂ ਪ੍ਰਭੂ ਸਚੁ ਧੀਰਕ ਧੁਰ ਕੀ ॥੪॥ ਸਾਚੈ ਬੈਸਣੁ ਉਠਣਾ ਸਚੁ ਭੋਜਨੁ ਭਾਖਿਆ ॥ ਚਿਤਿ ਸਚੈ ਵਿਤੋ ਸਚਾ ਸਾਚਾ ਰਸੁ ਚਾਖਿਆ ॥ ਸਾਚੈ ਘਰਿ ਸਾਚੈ ਰਖੇ ਗੁਰ ਬਚਨਿ ਸੁਭਾਖਿਆ ॥੫॥ ਮਨਮੁਖ ਕਉ ਆਲਸੁ ਘਣੋ ਫਾਥੇ ਓਜਾੜੀ ॥ ਫਾਥਾ ਚੁਗੈ ਨਿਤ ਚੋਗੜੀ ਲਗਿ ਬੰਧੁ ਵਿਗਾੜੀ ॥ ਗੁਰ ਪਰਸਾਦੀ ਮੁਕਤੁ ਹੋਇ ਸਾਚੇ ਨਿਜ ਤਾੜੀ ॥੬॥ ਅਨਹਤਿ ਲਾਲਾ ਬੇਧਿਆ ਪ੍ਰਭ ਹੇਤਿ ਪਿਆਰੀ ॥ ਬਿਨੁ ਸਾਚੇ ਜੀਉ ਜਲਿ ਬਲਉ ਝੂਠੇ ਵੇਕਾਰੀ ॥ ਬਾਦਿ ਕਾਰਾ ਸਭਿ ਛੋਡੀਆ ਸਾਚੀ ਤਰੁ ਤਾਰੀ ॥੭॥ ਜਿਨੀ ਨਾਮੁ ਵਿਸਾਰਿਆ ਤਿਨਾ ਠਉਰ ਨ ਠਾਉ ॥ ਲਾਲੈ ਲਾਲਚੁ ਤਿਆਗਿਆ ਪਾਇਆ ਹਰਿ ਨਾਉ ॥ ਤੂ ਬਖਸਹਿ ਤਾ ਮੇਲਿ ਲੈਹਿ ਨਾਨਕ ਬਲਿ ਜਾਉ ॥੮॥੪॥ {ਪੰਨਾ ੧੦੧੦-੧੦੧੧}

ਪਦ ਅਰਥ :—ਸਾਚੀ—ਸਦਾ-ਥਿਰ ਰਹਿਣ ਵਾਲੀ, ਜਿਸ ਵਿਚ ਕੋਈ ਉਕਾਈ ਨ ਆਵੇ । ਹੋਰਿ—{ਲਫ਼ਜ਼ 'ਹੋਰ' ਤੋਂ ਬਹੁ-ਵਚਨ} (ਸਿਮਰਨ ਤੋਂ ਬਿਨਾ) ਬਾਕੀ ਦੇ । ਬਾਦਿ—ਵਿਅਰਥ । ਸਾਚੈ—ਸਦਾ-ਥਿਰ ਪ੍ਰਭੂ ਨੇ । ਮੋਹਿਆ—ਵੱਸ ਵਿਚ ਕਰ ਰੱਖਿਆ ਹੈ । ਜਿਹਵਾ—ਜੀਭ । ਸਚਿ—ਸਦਾ-ਥਿਰ ਪ੍ਰਭੂ (ਦੇ ਸਿਮਰਨ) ਵਿਚ । ਸਾਦਿ—ਸੁਆਦ ਵਿਚ, ਆਨੰਦ ਵਿਚ । ਕੋ—ਕੋਈ । ਹੋਰਿ—(ਜਿਹੜੇ ਨਾਮ-ਰਸ ਤੋਂ ਵਾਂਜੇ ਰਹਿੰਦੇ ਹਨ) ਉਹ ਬੰਦੇ । ਲਾਦਿ—ਲੱਦ ਕੇ, ਇਕੱਠਾ ਕਰ ਕੇ ।੧।

ਲਾਲਾ—ਗ਼ੁਲਾਮ, ਸੇਵਕ । ਲਾਲ ਕੋ—ਲਾਲ ਦਾ, ਪਿਆਰੇ ਪ੍ਰਭੂ ਦਾ । ਖਸਮ—ਹੇ ਖਸਮ! ਚਲਾ—ਮੈਂ ਚੱਲਦਾ ਹਾਂ । ਸਚੁ—ਸਦਾ-ਥਿਰ ਰਹਿਣ ਵਾਲਾ । ਲਾਲ—ਹੇ ਲਾਲ! ।੧।ਰਹਾਉ।

ਅਨਦਿਨੁ—ਹਰ ਰੋਜ਼ । ਗੋਲੇ ਸਿਰਿ—ਗ਼ੁਲਾਮ ਦੇ ਸਿਰ ਉਤੇ । ਮੀਰਾ—ਮਾਲਕ {ਅਮੀਰ}, ਸਰਦਾਰ । ਧੀਰਾ—ਧੀਰਜ ਫੜਦਾ ਹੈ । ਮਨ ਪੀਰਾ—ਮਨ ਦੀ ਪੀੜ ।੨।

ਧਣੀ ਕੋ—ਮਾਲਕ ਦਾ । ਕਹਉ—ਮੈਂ ਆਖਾਂ । ਪੂਰਾ—ਸਭ ਤਾਕਤਾਂ ਦਾ ਮਾਲਕ । ਸਚੁ—ਸਦਾ-ਥਿਰ ਪ੍ਰਭੂ ਦਾ ਸਿਮਰਨ । ਗੁਰ ਕਉ—ਗੁਰੂ ਤੋਂ । ਬਲਿ—ਬਲਿਹਾਰ, ਕੁਰਬਾਨ ।੩।

ਖਰੀ—ਚੰਗੀ । ਨੀਕੀ—ਸੋਹਣੀ । ਫੀਕੀ—ਬੇ-ਸੁਆਦੀ । ਸਚੁ—ਸਦਾ-ਥਿਰ । ਧੁਰ ਕੀ—ਧੁਰ ਤੋਂ, ਆਪਣੀ ਦਰਗਾਹ ਤੋਂ ।੩।

ਸਾਚੈ—ਸਦਾ-ਥਿਰ ਪ੍ਰਭੂ ਵਿਚ । ਸਚੁ—ਸਦਾ-ਥਿਰ ਪ੍ਰਭੂ ਦਾ ਸਿਮਰਨ । ਭਾਖਿਆ—ਬੋਲੀ । ਚਿਤਿ—ਚਿੱਤ ਵਿਚ । ਸਚੈ—ਸਚੇ ਦੀ (ਯਾਦ) । ਵਿਤੋ—ਧਨ । ਸਾਚੈ ਘਰਿ—ਸਦਾ-ਥਿਰ ਰਹਿਣ ਵਾਲੇ ਘਰ ਵਿਚ । ਬਚਨਿ—ਬਚਨ ਦੀ ਰਾਹੀਂ ।੫।

ਘਣੋ—ਬਹੁਤ । ਚੋਗੜੀ—ਕੋਝੀ ਚੋਗ । ਲਗਿ—(ਮਾਇਆ ਦੇ ਮੋਹ ਵਿਚ) ਲੱਗ ਕੇ । ਬੰਧੁ—(ਪਰਮਾਤਮਾ ਨਾਲ) ਸੰਬੰਧ । ਮੁਕਤੁ—ਆਜ਼ਾਦ, ਸੁਤੰਤਰ । ਨਿਜ—ਆਪਣੀ । ਤਾੜੀ—ਸੁਰਤਿ ।੬।

ਅਨਹਤਿ—ਨਾਸ-ਰਹਿਤ ਪ੍ਰਭੂ ਵਿਚ । ਹੇਤਿ—ਹਿਤ ਵਿਚ, ਪ੍ਰੇਮ ਵਿਚ । ਬੇਧਿਆ—ਵਿੱਝਿਆ ਰਹਿੰਦਾ ਹੈ । ਜੀਉ—ਜਿੰਦ । ਜਲਿ ਬਲਉ—ਸੜ ਬਲ ਜਾਏ । ਸਾਚੀ—ਸਦਾ-ਥਿਰ ਪ੍ਰਭੂ ਦੀ ਭਗਤੀ । ਤਰੁ—{ਤਰ:—ਅ ਡਇਰਰੇ-ਬੋਓਟ} ਬੇੜੀ । ਤਾਰੀ—{ਤਾਰਿਨੱ—ਇਨਓਬਲਨਿਗ ਟੋ ਚਰੋਸਸ} ਪਾਰ ਲੰਘਾਣ ਦੇ ਸਮਰੱਥ ।੭।

ਠਉਰ—ਟਿਕਾਣਾ । ਠਾਉ—ਥਾਂ । ਲਾਲੈ—ਸੇਵਕ ਨੇ । ਬਲਿ ਜਾਉ—ਮੈਂ ਸਦਕੇ ਜਾਂਦਾ ਹਾਂ ।੮।

ਅਰਥ :—ਹੇ ਮੇਰੇ ਖਸਮ! ਹੇ ਪਿਆਰੇ ਲਾਲ! (ਮੇਰੀ ਅਰਜ਼ੋਈ) ਸੁਣ । ਮੈਂ ਆਪਣੇ ਲਾਲ ਦਾ (ਭਾਵ, ਤੇਰਾ) ਅਜੇਹਾ ਸੇਵਕ-ਗ਼ੁਲਾਮ ਹਾਂ ਕਿ ਜਿਵੇਂ ਹੁਕਮ ਕਰਦਾ ਹੈਂ, ਮੈਂ ਤਿਵੇਂ ਹੀ (ਜੀਵਨ-ਰਾਹ ਤੇ) ਤੁਰਦਾ ਹਾਂ । ਤੂੰ ਹੀ ਸਦਾ ਕਾਇਮ ਰਹਿਣ ਵਾਲਾ ਹੈਂ ।੧।ਰਹਾਉ।

(ਪ੍ਰਭੂ-ਮਾਲਕ ਦਾ ਗ਼ੁਲਾਮ) ਸਦਾ-ਥਿਰ ਪ੍ਰਭੂ ਦੀ ਭਗਤੀ ਦੀ ਕਾਰ ਕਰਦਾ ਹੈ, (ਨਾਮ-ਸਿਮਰਨ ਤੋਂ ਬਿਨਾ) ਬਾਕੀ ਦੇ ਲਾਲਚ ਉਸ ਨੂੰ ਵਿਅਰਥ (ਦਿੱਸਦੇ) ਹਨ । ਸਦਾ-ਥਿਰ ਪ੍ਰਭੂ ਨੇ ਆਪਣੇ ਸੇਵਕ ਦਾ ਮਨ ਪ੍ਰੇਮ-ਵੱਸ ਕੀਤਾ ਹੋਇਆ ਹੈ (ਇਸ ਵਾਸਤੇ ਸੇਵਕ ਦੀ) ਜੀਭ ਸਦਾ-ਥਿਰ ਨਾਮ-ਸਿਮਰਨ ਦੇ ਸੁਆਦ ਵਿਚ (ਮਗਨ ਰਹਿੰਦੀ) ਹੈ । (ਸੇਵਕ ਨੂੰ) ਪ੍ਰਭੂ ਦੇ ਨਾਮ ਤੋਂ ਬਿਨਾ ਹੋਰ ਕੋਈ ਰਸ (ਖਿੱਚੀ) ਨਹੀਂ (ਪਾਂਦਾ) । (ਸੇਵਕ ਨੂੰ ਨਿਸ਼ਚਾ ਹੈ ਕਿ ਨਾਮ-ਰਸ ਤੋਂ ਵਾਂਜੇ ਰਹਿਣ ਵਾਲੇ) ਬੰਦੇ ਉਹ ਚੀਜ਼ ਇਕੱਠੀ ਕਰ ਕੇ ਲੈ ਜਾਂਦੇ ਹਨ ਜੋ ਆਤਮਕ ਜੀਵਨ ਲਈ ਜ਼ਹਿਰ ਹੈ ।੧।

ਸੇਵਕ ਨੇ ਹਰ ਰੋਜ਼ (ਹਰ ਵੇਲੇ) ਪਰਮਾਤਮਾ ਦੀ ਭਗਤੀ ਦੀ ਸੇਵਾ ਹੀ ਸੰਭਾਲੀ ਹੋਈ ਹੈ, ਸੇਵਕ ਨੂੰ ਆਪਣੇ ਸਿਰ ਉਤੇ ਮਾਲਕ-ਪ੍ਰਭੂ (ਖੜਾ ਦਿੱਸਦਾ) ਹੈ । ਸੇਵਕ ਨੇ ਆਪਣਾ ਮਨ ਗੁਰੂ ਦੇ ਬਚਨਾਂ ਤੋਂ ਵੇਚ ਦਿੱਤਾ ਹੈ, ਗੁਰੂ ਦੇ ਸ਼ਬਦ ਵਿਚ (ਟਿਕ ਕੇ) ਸੇਵਕ ਦਾ ਮਨ ਧੀਰਜ ਫੜਦਾ ਹੈ । ਸੇਵਕ ਪੂਰੇ ਗੁਰੂ ਨੂੰ ਧੰਨ ਧੰਨ ਆਖਦਾ ਹੈ ਜੇਹੜਾ ਉਸ ਦੇ ਮਨ ਦੀ ਪੀੜ ਦੂਰ ਕਰਦਾ ਹੈ ।੨।

ਜੇਹੜਾ ਮਨੁੱਖ ਮਾਲਕ-ਪ੍ਰਭੂ ਦਾ ਸੇਵਕ-ਗ਼ੁਲਾਮ ਬਣ ਜਾਂਦਾ ਹੈ ਮੈਂ ਉਸ ਦੀ ਕੀਹ ਵਡਿਆਈ ਦੱਸ ਸਕਦਾ ਹਾਂ? ਉਹ ਸਭ ਤਾਕਤਾਂ ਦਾ ਮਾਲਕ ਪ੍ਰਭੂ ਆਪਣੀ ਰਜ਼ਾ ਵਿਚ (ਆਪਣੇ ਸੇਵਕ-ਉਤੇ) ਬਖ਼ਸ਼ਸ਼ ਕਰਦਾ ਹੈ (ਜਿਸ ਦੀ ਬਰਕਤਿ ਨਾਲ ਸੇਵਕ) ਨਾਮ-ਸਿਮਰਨ (ਦੀ) ਕਾਰ ਕਰਦਾ ਰਹਿੰਦਾ ਹੈ । ਸੇਵਕ ਆਪਣੇ ਗੁਰੂ ਤੋਂ ਸਦਾ ਕੁਰਬਾਨ ਜਾਂਦਾ ਹੈ ਜੇਹੜਾ ਵਿਛੁੜੇ ਜੀਵ ਨੂੰ ਪਰਮਾਤਮਾ ਦੇ ਚਰਨਾਂ ਵਿਚ ਮਿਲਾ ਲੈਂਦਾ ਹੈ ।੩।

ਗੁਰੂ ਦੀ ਸੋਹਣੀ ਮਤਿ ਲੈ ਕੇ ਸੇਵਕ-ਗੁਲਾਮ ਦੀ ਅਕਲ ਭੀ ਚੰਗੀ ਹੋ ਜਾਂਦੀ ਹੈ, ਉਸ ਦੀ ਸੁਰਤਿ ਸਦਾ-ਥਿਰ ਭਗਤੀ ਵਿਚ ਟਿਕ ਕੇ ਸੋਹਣੀ ਹੋ ਜਾਂਦੀ ਹੈ । ਪਰ ਆਪਣੇ ਮਨ ਦੇ ਪਿੱਛੇ ਤੁਰਨ ਵਾਲੇ ਮਨੁੱਖ ਦੀ ਮਤਿ ਉਸ ਨੂੰ ਫਿੱਕ ਵਾਲੇ ਰਾਹੇ ਹੀ ਪਾਣ ਵਾਲੀ ਹੁੰਦੀ ਹੈ ।

(ਪਰ, ਹੇ ਪ੍ਰਭੂ! ਜੀਵਾਂ ਦੇ ਕੀਹ ਵੱਸ? ਜੀਵਾਂ ਨੂੰ ਇਹ) ਮਨ ਤੇ ਸਰੀਰ ਤੇਰਾ ਹੀ ਦਿੱਤਾ ਹੋਇਆ ਹੈ, ਹੇ ਪ੍ਰਭੂ! ਤੂੰ ਸਦਾ-ਥਿਰ ਰਹਿਣ ਵਾਲਾ ਹੈਂ, ਤੂੰ ਹੀ ਆਪਣੀ ਧੁਰ ਦਰਗਾਹ ਤੋਂ ਜੀਵਾਂ ਨੂੰ (ਸਿਮਰਨ ਦੀ) ਟੇਕ ਦੇਣ ਵਾਲਾ ਹੈਂ ।੪।

(ਸੇਵਕ ਦਾ) ਉਠਣਾ ਬੈਠਣਾ (ਸਦਾ ਹੀ) ਸਦਾ-ਥਿਰ ਪ੍ਰਭੂ (ਦੀ ਯਾਦ) ਵਿਚ ਰਹਿੰਦਾ ਹੈ, ਸਿਮਰਨ ਹੀ ਉਸ ਦੀ (ਆਤਮਕ) ਖ਼ੁਰਾਕ ਹੈ ਸਿਮਰਨ ਹੀ ਉਸ ਦੀ ਬੋਲੀ ਹੈ । ਸੇਵਕ ਦੇ ਚਿੱਤ ਵਿਚ ਸਦਾ-ਥਿਰ ਪ੍ਰਭੂ (ਦੀ ਯਾਦ) ਟਿਕੀ ਰਹਿੰਦੀ ਹੈ, ਸਦਾ-ਥਿਰ ਪ੍ਰਭੂ ਦਾ ਨਾਮ ਹੀ ਉਸ ਦਾ ਧਨ ਹੈ, ਇਹੀ ਰਸ ਸਦਾ ਚੱਖਦਾ ਰਹਿੰਦਾ ਹੈ । (ਸੇਵਕ) ਗੁਰੂ ਦੀ ਰਾਹੀਂ ਪਰਮਾਤਮਾ ਦੀ ਸਿਫ਼ਤਿ-ਸਾਲਾਹ ਕਰਦਾ ਹੈ (ਜਿਸ ਦੀ ਬਰਕਤਿ ਨਾਲ ਉਹ ਆਪਣੇ ਮਨ ਨੂੰ) ਸਦਾ-ਥਿਰ ਪ੍ਰਭੂ ਦੇ ਘਰ ਵਿਚ ਟਿਕਾਈ ਰੱਖਦਾ ਹੈ ।੫।

ਪਰ ਆਪਣੇ ਮਨ ਦੇ ਪਿੱਛੇ ਤੁਰਨ ਵਾਲੇ ਬੰਦੇ ਨੂੰ (ਨਾਮ ਸਿਮਰਨ ਵਲੋਂ) ਬਹੁਤ ਆਲਸ ਰਹਿੰਦਾ ਹੈ, ਉਹ ਆਪਣੇ ਮਨ ਦੀ ਸੁੰਞ ਵਿਚ ਹੀ ਫਸਿਆ ਰਹਿੰਦਾ ਹੈ । (ਨਾਮ ਵਲੋਂ ਸੁੰਞੇ ਮਨ ਦੀ ਅਗਵਾਈ ਵਿਚ) ਫਸਿਆ ਹੋਇਆ ਮਨਮੁਖ ਨਿਤ (ਮਾਇਆ-ਮੋਹ ਦੀ) ਕੋਝੀ ਚੋਗ ਚੁਗਦਾ ਹੈ, (ਆਪਣੇ ਮਨ ਦੇ ਪਿਛੇ) ਲੱਗ ਕੇ ਪਰਮਾਤਮਾ ਨਾਲੋਂ ਆਪਣਾ ਸੰਬੰਧ ਖ਼ਰਾਬ ਕਰ ਲੈਂਦਾ ਹੈ । (ਆਪਣੇ ਮਨ ਦੀ ਇਸ ਗ਼ੁਲਾਮੀ ਵਿਚੋਂ ਮਨਮੁਖ ਭੀ) ਗੁਰੂ ਦੀ ਕਿਰਪਾ ਨਾਲ ਸੁਤੰਤਰ ਹੋ ਕੇ ਸਦਾ-ਥਿਰ ਪ੍ਰਭੂ ਵਿਚ ਆਪਣੀ ਸੁਰਤਿ ਜੋੜ ਲੈਂਦਾ ਹੈ ।੬।

ਸੇਵਕ ਨਾਸ-ਰਹਿਤ ਪ੍ਰਭੂ ਦੀ ਯਾਦ ਵਿਚ ਟਿਕਿਆ ਰਹਿੰਦਾ ਹੈ, ਪ੍ਰਭੂ ਦੇ ਪਿਆਰ ਵਿਚ (ਉਸ ਦਾ ਮਨ) ਵਿੱਝਿਆ ਰਹਿੰਦਾ ਹੈ, (ਸੇਵਕ ਪ੍ਰਭੂ-ਚਰਨਾਂ ਨਾਲ) ਪਿਆਰ ਜੋੜਦਾ ਹੈ । (ਸੇਵਕ ਨੂੰ ਨਿਸਚਾ ਹੈ ਕਿ) ਝੂਠੇ ਵਿਕਾਰੀ ਬੰਦਿਆਂ ਦੀ ਜਿੰਦ ਸਦਾ-ਥਿਰ ਪ੍ਰਭੂ ਦੀ ਯਾਦ ਤੋਂ ਖੁੰਝ ਕੇ (ਵਿਕਾਰਾਂ ਵਿਚ ਹੀ) ਸੜ ਬਲ ਜਾਂਦੀ ਹੈ । (ਇਸ ਵਾਸਤੇ) ਸੇਵਕ ਮੋਹ

ਮਾਇਆ ਦੀਆਂ ਵਿਅਰਥ ਕਾਰਾਂ ਤਿਆਗ ਦੇਂਦਾ ਹੈ । ਪਰਮਾਤਮਾ ਦੀ ਭਗਤੀ (ਸੇਵਕ ਵਾਸਤੇ ਸੰਸਾਰ-ਸਮੁੰਦਰ ਤੋਂ) ਤਾਰਨ ਦੇ ਸਮਰੱਥ ਬੇੜੀ ਹੈ ।੭।

ਜਿਨ੍ਹਾਂ ਨੇ ਪ੍ਰਭੂ ਦਾ ਨਾਮ ਭੁਲਾ ਦਿੱਤਾ ਉਹਨਾਂ ਨੂੰ ਆਤਮਕ ਸ਼ਾਂਤੀ ਲਈ ਹੋਰ ਕੋਈ ਥਾਂ ਟਿਕਾਣਾ ਨਹੀਂ ਲੱਭਦਾ । ਸੇਵਕ ਨੇ ਮਾਇਆ ਦਾ ਲਾਲਚ ਛੱਡ ਦਿੱਤਾ ਹੈ, ਤੇ ਪਰਮਾਤਮਾ ਦਾ ਨਾਮ-ਧਨ ਲੱਭ ਲਿਆ ਹੈ ।

ਹੇ ਨਾਨਕ! (ਆਖ—ਹੇ ਪ੍ਰਭੂ! ਮੈਂ ਤੈਥੋਂ ਸਦਕੇ ਜਾਂਦਾ ਹਾਂ । ਤੂੰ ਆਪ ਹੀ ਮੇਹਰ ਕਰੇਂ ਤਾਂ ਜੀਵਾਂ ਨੂੰ (ਆਪਣੇ ਚਰਨਾਂ ਵਿਚ) ਮਿਲਾਏਂ ।੮।੪।

ਮਾਰੂ ਮਹਲਾ ੧ ॥ ਲਾਲੈ ਗਾਰਬੁ ਛੋਡਿਆ ਗੁਰ ਕੈ ਭੈ ਸਹਜਿ ਸੁਭਾਈ ॥ ਲਾਲੈ ਖਸਮੁ ਪਛਾਣਿਆ ਵਡੀ ਵਡਿਆਈ ॥ ਖਸਮਿ ਮਿਲਿਐ ਸੁਖੁ ਪਾਇਆ ਕੀਮਤਿ ਕਹਣੁ ਨ ਜਾਈ ॥੧॥ ਲਾਲਾ ਗੋਲਾ ਖਸਮ ਕਾ ਖਸਮੈ ਵਡਿਆਈ ॥ ਗੁਰ ਪਰਸਾਦੀ ਉਬਰੇ ਹਰਿ ਕੀ ਸਰਣਾਈ ॥੧॥ ਰਹਾਉ ॥ ਲਾਲੇ ਨੋ ਸਿਰਿ ਕਾਰ ਹੈ ਧੁਰਿ ਖਸਮਿ ਫੁਰਮਾਈ ॥ ਲਾਲੈ ਹੁਕਮੁ ਪਛਾਣਿਆ ਸਦਾ ਰਹੈ ਰਜਾਈ ॥ ਆਪੇ ਮੀਰਾ ਬਖਸਿ ਲਏ ਵਡੀ ਵਡਿਆਈ ॥੨॥ ਆਪਿ ਸਚਾ ਸਭੁ ਸਚੁ ਹੈ ਗੁਰ ਸਬਦਿ ਬੁਝਾਈ ॥ ਤੇਰੀ ਸੇਵਾ ਸੋ ਕਰੇ ਜਿਸ ਨੋ ਲੈਹਿ ਤੁ ਲਾਈ ॥ ਬਿਨੁ ਸੇਵਾ ਕਿਨੈ ਨ ਪਾਇਆ ਦੂਜੈ ਭਰਮਿ ਖੁਆਈ ॥੩॥ ਸੋ ਕਿਉ ਮਨਹੁ ਵਿਸਾਰੀਐ ਨਿਤ ਦੇਵੈ ਚੜੈ ਸਵਾਇਆ ॥ ਜੀਉ ਪਿੰਡੁ ਸਭੁ ਤਿਸ ਦਾ ਸਾਹੁ ਤਿਨੈ ਵਿਚਿ ਪਾਇਆ ॥ ਜਾ ਕ੍ਰਿਪਾ ਕਰੇ ਤਾ ਸੇਵੀਐ ਸੇਵਿ ਸਚਿ ਸਮਾਇਆ ॥੪॥ ਲਾਲਾ ਸੋ ਜੀਵਤੁ ਮਰੈ ਮਰਿ ਵਿਚਹੁ ਆਪੁ ਗਵਾਏ ॥ ਬੰਧਨ ਤੁਟਹਿ ਮੁਕਤਿ ਹੋਇ ਤ੍ਰਿਸਨਾ ਅਗਨਿ ਬੁਝਾਏ ॥ ਸਭ ਮਹਿ ਨਾਮੁ ਨਿਧਾਨੁ ਹੈ ਗੁਰਮੁਖਿ ਕੋ ਪਾਏ ॥੫॥ ਲਾਲੇ ਵਿਚਿ ਗੁਣੁ ਕਿਛੁ ਨਹੀ ਲਾਲਾ ਅਵਗਣਿਆਰੁ ॥ ਤੁਧੁ ਜੇਵਡੁ ਦਾਤਾ ਕੋ ਨਹੀ ਤੂ ਬਖਸਣਹਾਰੁ ॥ ਤੇਰਾ ਹੁਕਮੁ ਲਾਲਾ ਮੰਨੇ ਏਹ ਕਰਣੀ ਸਾਰੁ ॥੬॥ ਗੁਰੁ ਸਾਗਰੁ ਅੰਮ੍ਰਿਤਸਰੁ ਜੋ ਇਛੇ ਸੋ ਫਲੁ ਪਾਏ ॥ ਨਾਮੁ ਪਦਾਰਥੁ ਅਮਰੁ ਹੈ ਹਿਰਦੈ ਮੰਨਿ ਵਸਾਏ ॥ ਗੁਰ ਸੇਵਾ ਸਦਾ ਸੁਖੁ ਹੈ ਜਿਸ ਨੋ ਹੁਕਮੁ ਮਨਾਏ ॥੭॥ ਸੁਇਨਾ ਰੁਪਾ ਸਭ ਧਾਤੁ ਹੈ ਮਾਟੀ ਰਲਿ ਜਾਈ ॥ ਬਿਨੁ ਨਾਵੈ ਨਾਲਿ ਨ ਚਲਈ ਸਤਿਗੁਰਿ ਬੂਝ ਬੁਝਾਈ ॥ ਨਾਨਕ ਨਾਮਿ ਰਤੇ ਸੇ ਨਿਰਮਲੇ ਸਾਚੈ ਰਹੇ ਸਮਾਈ ॥੮॥੫॥ {ਪੰਨਾ ੧੦੧੧-੧੦੧੨}

ਪਦ ਅਰਥ :—ਲਾਲੈ—ਸੇਵਕ ਨੇ, ਗ਼ੁਲਾਮ । ਗਾਰਬੁ—ਅਹੰਕਾਰੁ । ਭੈ—ਡਰ-ਅਦਬ ਵਿਚ (ਰਹਿ ਕੇ) । ਸਹਜਿ—ਅਡੋਲ ਆਤਮਕ ਅਵਸਥਾ ਵਿਚ (ਟਿਕ ਕੇ) । ਸੁਭਾਉ—ਚੰਗਾ ਪ੍ਰੇਮ । ਸੁਭਾਈ—ਸ੍ਰੇਸ਼ਟ ਪ੍ਰੇਮ ਸੁਭਾਵ ਵਾਲਾ । ਖਸਮਿ ਮਿਲਿਐ—ਜੇ ਖਸਮ ਮਿਲ ਪਏ ।੧।

ਗੋਲਾ—ਗ਼ੁਲਾਮ । ਖਸਮੈ—ਖਸਮ ਦੀ । ਵਡਿਆਈ—ਸਿਫ਼ਤਿ-ਸਾਲਾਹ । ਗੁਰ ਪਰਸਾਦੀ—ਗੁਰੂ ਦੀ ਕਿਰਪਾ ਨਾਲ । ਉਬਰੇ—ਬਚ ਗਏ ।੧।

ਸਿਰਿ—ਸਿਰ ਉਤੇ, ਜ਼ਿੰਮੇ । ਧੁਰਿ—ਧੁਰ ਤੋਂ । ਖਸਮਿ—ਖਸਮ ਨੇ । ਰਜਾਈ—ਰਜ਼ਾ ਵਿਚ । ਮੀਰਾ—ਮਾਲਕ । ਵਡਿਆਈ—ਆਦਰ-ਮਾਣ ।੨।

ਸਚਾ—ਸਦਾ-ਥਿਰ ਰਹਿਣ ਵਾਲਾ । ਸਚੁ—ਅਟੱਲ । ਲਾਈ ਲੈਹਿ—ਤੂੰ ਲਾ ਲੈਂਦਾ ਹੈਂ । ਭਰਮਿ—ਭਟਕਣਾ ਵਿਚ । ਦੂਜੈ ਭਰਮਿ—ਮਾਇਆ ਦੀ ਭਟਕਣਾ ਵਿਚ । ਖੁਆਈ—(ਜੀਵਨ-ਰਾਹ ਤੋਂ) ਖੁੰਝ ਜਾਂਦਾ ਹੈ ।੩।

ਮਨਹੁ—ਮਨ ਤੋਂ । ਚੜੈ ਸਵਾਇਆ—ਵਧਦਾ ਰਹਿੰਦਾ ਹੈ । ਜੀਉ—ਜਿੰਦ । ਪਿੰਡੁ—ਸਰੀਰ । ਤਿਸ ਦਾ—ਉਸ (ਪਰਮਾਤਮਾ) ਦਾ । ਸਾਹੁ—ਸੁਆਸ । ਤਿਨੈ—ਉਸੇ ਨੇ । ਵਿਚਿ—(ਸਰੀਰ) ਵਿਚ । ਸੇਵਿ—ਸੇਵਾ ਕਰ ਕੇ । ਸਚਿ—ਸਦਾ-ਥਿਰ ਪ੍ਰਭੂ ਵਿਚ ।੪।

ਜੀਵਤੁ ਮਰੈ—ਦੁਨੀਆ ਦੀ ਕਿਰਤ ਕਰਦਾ ਹੋਇਆ ਹੀ ਮਾਇਆ ਦੇ ਮੋਹ ਵਲੋਂ ਮਰਦਾ ਹੈ । ਮਰਿ—ਮਰ ਕੇ । ਆਪੁ—ਆਪਾ-ਭਾਵ, ਹਉਮੈ । ਤੁਟਹਿ—ਟੁੱਟ ਜਾਂਦੇ ਹਨ । ਮੁਕਤਿ—(ਮਾਇਆ ਦੇ ਮੋਹ ਤੋਂ) ਖ਼ਲਾਸੀ । ਨਿਧਾਨੁ—ਖ਼ਜ਼ਾਨਾ, (ਸਭ ਸੁਖਾਂ ਪਦਾਰਥਾਂ ਦਾ) ਖ਼ਜ਼ਾਨਾ । ਕੋ—ਕੋਈ ਵਿਰਲਾ ।੫।

ਅਵਗਣਿਆਰੁ—ਔਗੁਣਾਂ ਨਾਲ ਭਰਿਆ ਹੋਇਆ । ਕੋ—ਕੋਈ (ਭੀ) । ਸਾਰੁ—ਸ੍ਰੇਸ਼ਟ । ਕਰਣੀ—ਕਰਨ-ਜੋਗ ਕੰਮ ।੬।

ਸਾਗਰੁ—ਸਮੁੰਦਰ । ਅੰਮ੍ਰਿਤਸਰੁ—ਅੰਮ੍ਰਿਤ ਦਾ ਸਰੋਵਰ, ਅੰਮ੍ਰਿਤ ਨਾਲ ਭਰਿਆ ਹੋਇਆ ਸਰੋਵਰ । ਪਦਾਰਥੁ—ਸਰਮਾਇਆ । ਅਮਰੁ—ਕਦੇ ਨਾਹ ਮੁੱਕਣ ਵਾਲਾ । ਮੰਨਿ—ਮਨ ਵਿਚ ।੭।

ਰੁਪਾ—ਚਾਂਦੀ । ਧਾਤੁ—ਮਾਇਆ । ਸਤਿਗੁਰਿ—ਸਤਿਗੁਰੂ ਨੇ । ਬੂਝ—ਸੂਝ, ਸਮਝ । ਨਾਮਿ—ਨਾਮ ਵਿਚ । ਸਾਚੈ—ਸਦਾ-ਥਿਰ ਪ੍ਰਭੂ ਵਿਚ ।੮।

ਅਰਥ :—ਜੇਹੜਾ ਮਨੁੱਖ ਪਰਮਾਤਮਾ-ਮਾਲਕ ਦਾ ਸੇਵਕ ਗ਼ੁਲਾਮ ਬਣਦਾ ਹੈ ਉਹ ਖਸਮ-ਪ੍ਰਭੂ ਦੀ ਹੀ ਸਿਫ਼ਤਿ-ਸਾਲਾਹ ਕਰਦਾ ਰਹਿੰਦਾ ਹੈ । ਜੇਹੜੇ ਬੰਦੇ ਗੁਰੂ ਦੀ ਕਿਰਪਾ ਨਾਲ ਪਰਮਾਤਮਾ ਦੀ ਸਰਨ ਪੈਂਦੇ ਹਨ ਉਹ (ਮਾਇਆ ਦੇ ਮੋਹ ਤੋਂ) ਬਚ ਨਿਕਲਦੇ ਹਨ ।੧।ਰਹਾਉ।

(ਪ੍ਰਭੂ ਦਾ) ਸੇਵਕ (ਉਹ ਹੈ ਜਿਸ) ਨੇ ਅਹੰਕਾਰ ਤਿਆਗ ਦਿੱਤਾ ਹੈ ਗੁਰੂ ਦੇ ਡਰ-ਅਦਬ ਵਿਚ ਰਹਿ ਕੇ ਸੇਵਕ ਅਡੋਲ ਆਤਮਕ ਅਵਸਥਾ ਵਿਚ ਟਿਕਿਆ ਰਹਿੰਦਾ ਹੈ, ਪ੍ਰੇਮ ਸੁਭਾਉ ਵਾਲਾ ਬਣ ਜਾਂਦਾ ਹੈ । ਸੇਵਕ ਉਹ ਹੈ ਜਿਸ ਨੇ ਮਾਲਕ ਨਾਲ ਡੂੰਘੀ ਸਾਂਝ ਪਾ ਲਈ ਹੈ, ਮਾਲਕ ਪਾਸੋਂ ਉਸ ਨੂੰ ਬਹੁਤ ਆਦਰ-ਮਾਣ ਮਿਲਦਾ ਹੈ । ਜੇ ਖਸਮ-ਪ੍ਰਭੂ ਮਿਲ ਪਏ, ਤਾਂ ਸੇਵਕ ਨੂੰ ਇਤਨਾ ਆਤਮਕ ਆਨੰਦ ਪ੍ਰਾਪਤ ਹੁੰਦਾ ਹੈ ਕਿ ਉਸ ਆਨੰਦ ਦਾ ਮੁੱਲ ਨਹੀਂ ਦੱਸਿਆ ਜਾ ਸਕਦਾ ।੧।

ਖਸਮ-ਪ੍ਰਭੂ ਨੇ ਧੁਰੋਂ ਹੀ ਹੁਕਮ ਦੇ ਦਿੱਤਾ ਆਪਣੇ ਸੇਵਕ ਨੂੰ ਸਿਰ ਤੇ (ਹੁਕਮ ਮੰਨਣ ਦੀ) ਕਾਰ ਸੌਂਪ ਦਿੱਤੀ (ਇਸ ਵਾਸਤੇ ਪ੍ਰਭੂ ਦਾ) ਸੇਵਕ ਪ੍ਰਭੂ ਦਾ ਹੁਕਮ ਪਛਾਣਦਾ ਹੈ ਤੇ ਸਦਾ ਉਸ ਦੀ ਰਜ਼ਾ ਵਿਚ ਰਹਿੰਦਾ ਹੈ । ਮਾਲਕ ਆਪ ਹੀ (ਸੇਵਕ ਉਤੇ) ਬਖ਼ਸ਼ਸ਼ ਕਰਦਾ ਹੈ ਤੇ ਉਸ ਨੂੰ ਬਹੁਤ ਆਦਰ-ਮਾਣ ਦੇਂਦਾ ਹੈ ।੨।

ਹੇ ਪ੍ਰਭੂ ! ਤੂੰ ਗੁਰੂ ਦੇ ਸ਼ਬਦ ਦੀ ਰਾਹੀਂ ਸੇਵਕ ਨੂੰ ਇਹ ਸੂਝ ਦਿੱਤੀ ਹੈ ਕਿ ਤੂੰ ਆਪ ਸਦਾ ਅਟੱਲ ਹੈਂ ਤੇ ਤੇਰਾ ਸਾਰਾ (ਨਿਯਮ) ਅਟੱਲ ਹੈ । ਹੇ ਪ੍ਰਭੂ ! ਤੇਰੀ ਸੇਵਾ-ਭਗਤੀ ਉਹੀ ਮਨੁੱਖ ਕਰਦਾ ਹੈ ਜਿਸ ਨੂੰ ਤੂੰ ਆਪ ਸੇਵਾ-ਭਗਤੀ ਵਿਚ ਜੋੜਦਾ ਹੈਂ । ਤੇਰੀ ਸੇਵਾ-ਭਗਤੀ ਤੋਂ ਬਿਨਾ ਕਿਸੇ ਜੀਵ ਨੇ ਤੈਨੂੰ ਨਹੀਂ ਲੱਭ ਸਕਿਆ, (ਤੇਰੀ ਸੇਵਾ-ਭਗਤੀ ਤੋਂ ਬਿਨਾ ਜੀਵ) ਮਾਇਆ ਦੀ ਭਟਕਣਾ ਵਿਚ ਪੈ ਕੇ ਜੀਵਨ-ਰਾਹ ਤੋਂ ਖੁੰਝਿਆ ਰਹਿੰਦਾ ਹੈ ।੩।

ਉਸ ਪਰਮਾਤਮਾ ਨੂੰ ਕਦੇ ਮਨ ਤੋਂ ਭੁਲਾਣਾ ਨਹੀਂ ਚਾਹੀਦਾ ਜੋ ਸਭ ਜੀਵਾਂ ਨੂੰ ਸਭ ਕੁਝ ਸਦਾ ਦੇਂਦਾ ਹੈ ਤੇ ਉਸ ਦਾ ਦਿੱਤਾ ਨਿਤ ਵਧਦਾ ਰਹਿੰਦਾ ਹੈ । ਇਹ ਜਿੰਦ ਤੇ ਇਹ ਸਰੀਰ ਸਭ ਉਸ ਪ੍ਰਭੂ ਦਾ ਹੀ ਦਿੱਤਾ ਹੋਇਆ ਹੈ, ਸਰੀਰ ਵਿਚ ਸੁਆਸ ਭੀ ਉਸੇ ਨੇ ਹੀ ਰੱਖਿਆ ਹੈ । (ਪਰ ਉਸ ਦੀ ਸੇਵਾ ਭਗਤੀ ਭੀ ਉਸ ਦੀ ਮੇਹਰ ਨਾਲ ਹੀ ਕਰ ਸਕੀਦੀ ਹੈ) ਜਦੋਂ ਉਹ ਕਿਰਪਾ ਕਰਦਾ ਹੈ ਤਾਂ ਉਸ ਦੀ ਸੇਵਾ ਕਰੀਦੀ ਹੈ, ਜੀਵ ਸੇਵਾ-ਭਗਤੀ ਕਰ ਕੇ ਸਦਾ-ਥਿਰ ਪ੍ਰਭੂ ਵਿਚ ਲੀਨ ਰਹਿੰਦਾ ਹੈ ।੪।

ਉਹ ਮਨੁੱਖ ਪ੍ਰਭੂ ਦਾ ਸੇਵਕ (ਅਖਵਾ ਸਕਦਾ) ਹੈ ਜੋ ਦੁਨੀਆ ਦੀ ਕਿਰਤ-ਕਾਰ ਕਰਦਾ ਹੋਇਆ ਮਾਇਆ ਦੇ ਮੋਹ ਵਲੋਂ ਮਰਿਆ ਰਹਿੰਦਾ ਹੈ, ਮਾਇਆ ਦੇ ਮੋਹ ਤੋਂ ਉਤਾਂਹ ਰਹਿ ਕੇ ਆਪਣੇ ਅੰਦਰੋਂ ਆਪਾ-ਭਾਵ ਦੂਰ ਕਰਦਾ ਹੈ । (ਅਜੇਹੇ ਸੇਵਕ ਦੇ ਮਾਇਆ ਵਾਲੇ) ਬੰਧਨ ਟੁੱਟ ਜਾਂਦੇ ਹਨ, ਮਾਇਆ ਦੇ ਮੋਹ ਤੋਂ ਉਸ ਨੂੰ ਸੁਤੰਤ੍ਰਤਾ ਮਿਲ ਜਾਂਦੀ ਹੈ, ਉਹ ਆਪਣੇ ਅੰਦਰੋਂ ਮਾਇਆ ਦੀ ਤ੍ਰਿਸ਼ਨਾ ਦੀ ਅੱਗ ਬੁਝਾ ਦੇਂਦਾ ਹੈ ।

ਉਂਞ ਤਾਂ ਪਰਮਾਤਮਾ ਦਾ ਨਾਮ-ਖ਼ਜ਼ਾਨਾ ਹਰੇਕ ਜੀਵ ਦੇ ਅੰਦਰ ਹੀ ਮੌਜੂਦ ਹੈ, ਪਰ ਕੋਈ ਉਹੀ ਬੰਦਾ ਇਸ ਖ਼ਜ਼ਾਨੇ ਨੂੰ ਲੱਭ ਸਕਦਾ ਹੈ ਜੋ ਗੁਰੂ ਦੀ ਸਰਨ ਪੈਂਦਾ ਹੈ ।੫।

(ਹੇ ਪ੍ਰਭੂ! ਤੇਰੀ ਮੇਹਰ ਤੋਂ ਬਿਨਾ) ਸੇਵਕ ਵਿਚ ਕੋਈ ਗੁਣ ਪੈਦਾ ਨਹੀਂ ਹੋ ਸਕਦਾ, ਉਹ ਤਾਂ ਸਗੋਂ ਔਗੁਣਾਂ ਨਾਲ ਭਰਿਆ ਰਹਿੰਦਾ ਹੈ । ਤੂੰ ਆਪ ਹੀ ਬਖ਼ਸ਼ਸ਼ ਕਰਦਾ ਹੈਂ, ਤੇ ਤੇਰਾ ਸੇਵਕ ਤੇਰਾ ਹੁਕਮ ਮੰਨਦਾ ਹੈ, ਹੁਕਮ ਮੰਨਣ ਨੂੰ ਹੀ ਸਭ ਤੋਂ ਸ੍ਰੇਸ਼ਟ ਕੰਮ ਸਮਝਦਾ ਹੈ । ਹੇ ਪ੍ਰਭੂ! ਤੇਰੇ ਜੇਡਾ ਦਾਤਾ ਹੋਰ ਕੋਈ ਨਹੀਂ ।੬।

ਗੁਰੂ ਸਮੁੰਦਰ ਹੈ, ਗੁਰੂ ਅੰਮ੍ਰਿਤ ਨਾਲ ਭਰਿਆ ਹੋਇਆ ਸਰੋਵਰ ਹੈ ('ਅੰਮ੍ਰਿਤਸਰੁ' ਹੈ । ਸੇਵਕ ਇਸ ਅੰਮ੍ਰਿਤ ਦੇ ਸਰੋਵਰ ਗੁਰੂ ਦੀ ਸਰਨ ਪੈਂਦਾ ਹੈ, ਫਿਰ ਇਥੋਂ) ਜੋ ਕੁਝ ਮੰਗਦਾ ਹੈ ਉਹ ਫਲ ਲੈ ਲੈਂਦਾ ਹੈ । (ਗੁਰੂ ਦੀ ਮੇਹਰ ਨਾਲ ਸੇਵਕ ਆਪਣੇ) ਹਿਰਦੇ ਵਿਚ ਮਨ ਵਿਚ ਪਰਮਾਤਮਾ ਦਾ ਨਾਮ ਵਸਾਂਦਾ ਹੈ ਜੋ (ਅਸਲ) ਸਰਮਾਇਆ ਹੈ ਤੇ ਜੋ ਕਦੇ ਮੁੱਕਣ ਵਾਲਾ ਨਹੀਂ । ਗੁਰੂ ਜਿਸ ਸੇਵਕ ਤੋਂ ਪਰਮਾਤਮਾ ਦਾ ਹੁਕਮ ਮਨਾਂਦਾ ਹੈ ਉਸ ਸੇਵਕ ਨੂੰ ਗੁਰੂ ਦੀ (ਇਸ ਦੱਸੀ) ਸੇਵਾ ਨਾਲ ਸਦਾ ਆਤਮਕ ਆਨੰਦ ਮਿਲਿਆ ਰਹਿੰਦਾ ਹੈ ।੭।

(ਹੇ ਭਾਈ!) ਸੋਨਾ ਚਾਂਦੀ ਆਦਿਕ ਸਭ (ਨਾਸਵੰਤ) ਮਾਇਆ ਹੈ (ਜਦੋਂ ਜੀਵ ਸਰੀਰ ਤਿਆਗਦਾ ਹੈ ਉਸ ਦੇ ਭਾ ਦੀ ਇਹ) ਮਿੱਟੀ ਵਿਚ ਰਲ ਜਾਂਦੀ ਹੈ (ਕਿਉਂਕਿ ਉਸ ਦੇ ਕਿਸੇ ਕੰਮ ਨਹੀਂ ਆਉਂਦੀ) । ਸਤਿਗੁਰੂ ਨੇ (ਪ੍ਰਭੂ ਦੇ ਸੇਵਕ ਨੂੰ ਇਹ) ਸੂਝ ਦੇ ਦਿੱਤੀ ਹੈ ਕਿ ਪਰਮਾਤਮਾ ਦੇ ਨਾਮ ਤੋਂ ਬਿਨਾ (ਸੋਨਾ ਚਾਂਦੀ ਆਦਿਕ ਕੋਈ ਚੀਜ਼ ਜੀਵ ਦੇ) ਨਾਲ ਨਹੀਂ ਜਾਂਦੀ ।

ਹੇ ਨਾਨਕ! (ਗੁਰੂ ਦੀ ਕਿਰਪਾ ਨਾਲ) ਜੇਹੜੇ ਬੰਦੇ ਪਰਮਾਤਮਾ ਦੇ ਨਾਮ-ਰੰਗ ਵਿਚ ਰੰਗੇ ਜਾਂਦੇ ਹਨ ਉਹ ਪਵਿਤ੍ਰ ਜੀਵਨ ਵਾਲੇ ਹੋ ਜਾਂਦੇ ਹਨ, ਉਹ ਸਦਾ-ਥਿਰ ਪ੍ਰਭੂ (ਦੀ ਯਾਦ) ਵਿਚ ਲੀਨ ਰਹਿੰਦੇ ਹਨ ।੮।੫।

ਮਾਰੂ ਮਹਲਾ ੧ ॥ ਹੁਕਮੁ ਭਇਆ ਰਹਣਾ ਨਹੀ ਧੁਰਿ ਫਾਟੇ ਚੀਰੈ ॥ ਏਹੁ ਮਨੁ ਅਵਗਣਿ ਬਾਧਿਆ ਸਹੁ ਦੇਹ ਸਰੀਰੈ ॥ ਪੂਰੈ ਗੁਰਿ ਬਖਸਾਈਅਹਿ ਸਭਿ ਗੁਨਹ ਫਕੀਰੈ ॥੧॥ ਕਿਉ ਰਹੀਐ ਉਠਿ ਚਲਣਾ ਬੁਝੁ ਸਬਦ ਬੀਚਾਰਾ ॥ ਜਿਸੁ ਤੂ ਮੇਲਹਿ ਸੋ ਮਿਲੈ ਧੁਰਿ ਹੁਕਮੁ ਅਪਾਰਾ ॥੧॥ ਰਹਾਉ ॥ ਜਿਉ ਤੂ ਰਾਖਹਿ ਤਿਉ ਰਹਾ ਜੋ ਦੇਹਿ ਸੁ ਖਾਉ ॥ ਜਿਉ ਤੂ ਚਲਾਵਹਿ ਤਿਉ ਚਲਾ ਮੁਖਿ ਅੰਮ੍ਰਿਤ ਨਾਉ ॥ ਮੇਰੇ ਠਾਕੁਰ ਹਥਿ ਵਡਿਆਈਆ ਮੇਲਹਿ ਮਨਿ ਚਾਉ ॥੨॥ ਕੀਤਾ ਕਿਆ ਸਾਲਾਹੀਐ ਕਰਿ ਦੇਖੈ ਸੋਈ ॥ ਜਿਨਿ ਕੀਆ ਸੋ ਮਨਿ ਵਸੈ ਮੈ ਅਵਰੁ ਨ ਕੋਈ ॥ ਸੋ ਸਾਚਾ ਸਾਲਾਹੀਐ ਸਾਚੀ ਪਤਿ ਹੋਈ ॥੩॥ ਪੰਡਿਤੁ ਪੜਿ ਨ ਪਹੁਚਈ ਬਹੁ ਆਲ ਜੰਜਾਲਾ ॥ ਪਾਪ ਪੁੰਨ ਦੁਇ ਸੰਗਮੇ ਖੁਧਿਆ ਜਮਕਾਲਾ ॥ ਵਿਛੋੜਾ ਭਉ ਵੀਸਰੈ ਪੂਰਾ ਰਖਵਾਲਾ ॥੪॥ ਜਿਨ ਕੀ ਲੇਖੈ ਪਤਿ ਪਵੈ ਸੇ ਪੂਰੇ ਭਾਈ ॥ ਪੂਰੇ ਪੂਰੀ ਮਤਿ ਹੈ ਸਚੀ ਵਡਿਆਈ ॥ ਦੇਦੇ ਤੋਟਿ ਨ ਆਵਈ ਲੈ ਲੈ ਥਕਿ ਪਾਈ ॥੫॥ ਖਾਰ ਸਮੁਦ੍ਰੁ ਢੰਢੋਲੀਐ ਇਕੁ ਮਣੀਆ ਪਾਵੈ ॥ ਦੁਇ ਦਿਨ ਚਾਰਿ ਸੁਹਾਵਣਾ ਮਾਟੀ ਤਿਸੁ ਖਾਵੈ ॥ ਗੁਰੁ ਸਾਗਰੁ ਸਤਿ ਸੇਵੀਐ ਦੇ ਤੋਟਿ ਨ ਆਵੈ ॥੬॥ ਮੇਰੇ ਪ੍ਰਭ ਭਾਵਨਿ ਸੇ ਊਜਲੇ ਸਭ ਮੈਲੁ ਭਰੀਜੈ ॥ ਮੈਲਾ ਊਜਲੁ ਤਾ ਥੀਐ ਪਾਰਸ ਸੰਗਿ ਭੀਜੈ ॥ ਵੰਨੀ ਸਾਚੇ ਲਾਲ ਕੀ ਕਿਨਿ ਕੀਮਤਿ ਕੀਜੈ ॥੭॥ ਭੇਖੀ ਹਾਥ ਨ ਲਭਈ ਤੀਰਥਿ ਨਹੀ ਦਾਨੇ ॥ ਪੂਛਉ ਬੇਦ ਪੜੰਤਿਆ ਮੂਠੀ ਵਿਣੁ ਮਾਨੇ ॥ ਨਾਨਕ ਕੀਮਤਿ ਸੋ ਕਰੇ ਪੂਰਾ ਗੁਰੁ ਗਿਆਨੇ ॥੮॥੬॥ {ਪੰਨਾ ੧੦੧੨}

ਪਦ ਅਰਥ :—ਭਇਆ—(ਜਦੋਂ) ਹੋ ਜਾਂਦਾ ਹੈ । ਧੁਰਿ—ਧੁਰੋਂ, ਪਰਮਾਤਮਾ ਦੀ ਹਜ਼ੂਰੀ ਤੋਂ । ਚੀਰੀ—ਚਿੱਠੀ । ਫਾਟੇ ਚੀਰੈ—ਜੇ ਚਿੱਠੀ ਪਾਟ ਜਾਏ {ਨੋਟ :—ਸਾਡੇ ਦੇਸ ਦਾ ਰਿਵਾਜ ਹੈ ਕਿ ਕਿਸੇ ਦੀ ਮੌਤ ਦੀ ਖ਼ਬਰ ਭੇਜਣ ਵੇਲੇ ਚਿੱਠੀ ਇਕ ਪਾਸੇ ਵਲੋਂ ਰਤਾ ਕੁ ਪਾੜ ਦੇਈਦੀ ਹੈ} । ਸਹੁ—ਸਹਾਰ । ਦੇਹ—ਸਰੀਰ । ਦੇਹ ਸਰੀਰੈ—ਸਰੀਰ ਉਤੇ । ਗੁਰਿ—ਗੁਰੂ ਦੀ ਰਾਹੀਂ । ਸਭਿ—ਸਾਰੇ । ਗੁਨਹ—ਗੁਨਾਹ, ਪਾਪ । ਬਖਸਾਈਅਹਿ—ਬਖ਼ਸ਼ਾਏ ਜਾਂਦੇ ਹਨ । ਫਕੀਰੈ—ਫ਼ਕੀਰ ਦੇ, ਮੰਗਤੇ ਦੇ, ਉਸ ਮਨੁੱਖ ਦੇ ਜੋ ਪ੍ਰਭੂ ਦੇ ਦਰ ਤੋਂ ਮੇਹਰ ਦੀ ਦਾਤਿ ਮੰਗੇ ।੧।

ਕਿਉ ਰਹੀਐ—ਨਹੀਂ ਰਹਿ ਸਕੀਦਾ । ਅਪਾਰਾ—ਹੇ ਅਪਾਰ! ਹੇ ਬੇਅੰਤ ਪ੍ਰਭੂ! ।੧।ਰਹਾਉ।

ਰਹਾ—ਮੈਂ ਰਹਿੰਦਾ ਹਾਂ । ਖਾਉ—ਮੈਂ ਖਾਂਦਾ ਹਾਂ । ਚਲਾ—ਮੈਂ (ਜੀਵਨ-ਰਾਹ ਤੇ) ਤੁਰਦਾ ਹਾਂ । ਮੁਖਿ—ਮੂੰਹ ਵਿਚ (ਪਾਂਦਾ ਹਾਂ) । ਅੰਮ੍ਰਿਤ ਨਾਉ—ਆਤਮਕ ਜੀਵਨ ਦੇਣ ਵਾਲਾ ਨਾਮ । ਹਥਿ—ਹੱਥ ਵਿਚ । ਮਨਿ—ਮਨ ਵਿਚ । ਚਾਉ—ਤਾਂਘ ।੨।

ਕਰਿ—ਪੈਦਾ ਕਰ ਕੇ । ਦੇਖੈ—ਸੰਭਾਲ ਕਰਦਾ ਹੈ । ਜਿਨਿ—ਜਿਸ ਪਰਮਾਤਮਾ ਨੇ । ਮੈ—ਮੈਨੂੰ ।੩।

ਆਲ ਜੰਜਾਲਾ—{ਆਲਯ—ਘਰ} ਘਰ ਦੇ ਧੰਧੇ । ਦੁਇ—ਦ੍ਵੈਤ, ਦੁਬਿਧਾ । ਸੰਗਮੇ—ਨਾਲ । ਖੁਧਿਆ—(ਮਾਇਆ ਦੀ) ਭੁੱਖ ।੪।

ਪਤਿ—ਇੱਜ਼ਤ । ਭਾਈ—ਹੇ ਭਾਈ! ਦੇ—ਦੇ ਕੇ । ਤੋਟਿ—ਘਾਟਾ । ਥਕਿ ਪਾਈ—ਜੀਵ ਥੱਕ ਪੈਂਦਾ ਹੈ ।੫।

ਖਾਰ—ਖਾਰਾ । ਮਣੀਆ—ਰਤਨ । ਪਾਵੈ—ਲੱਭ ਲਏ । ਤਿਸੁ—ਉਸ (ਮਣੀ) ਨੂੰ । ਗੁਰੁ ਸਾਗਰੁ ਸਤਿ—ਸਤਿਗੁਰੂ ਸਮੁੰਦਰ । ਦੇ—ਦੇਂਦਾ ਹੈ ।੬।

ਸੇ—ਉਹ ਬੰਦੇ । ਊਜਲੇ—ਪਵਿਤ੍ਰ । ਸਭ—ਸਾਰੀ ਲੋਕਾਈ । ਤਾ—ਤਦੋਂ । ਥੀਐ—ਹੁੰਦਾ । ਸੰਗਿ—ਨਾਲ । ਵੰਨੀ—ਰੰਗ । ਸਾਚੇ—ਸਦਾ-ਥਿਰ ਦੀ । ਕਿਨਿ—ਕਿਸ ਨੇ? ਕਿਸ ਪਾਸੋਂ? ਕੀਜੈ—ਕੀਤੀ ਜਾ ਸਕਦੀ ਹੈ ।੭।

ਭੇਖ—ਭੇਖ ਧਾਰਨ ਕੀਤਿਆਂ । ਹਾਥ—ਡੂੰਘਾਈ । ਤੀਰਥਿ—ਤੀਰਥ ਤੇ (ਇਸ਼ਨਾਨ ਕੀਤਿਆਂ) । ਦਾਨੇ—ਦਾਨਿ, ਦਾਨ ਦੀ ਰਾਹੀਂ । ਪੂਛਉ—ਮੈਂ ਪੁੱਛਦਾ ਹਾਂ । ਮੂਠੀ-(ਸਾਰੀ ਲੋਕਾਈ) ਠੱਗੀ ਜਾ ਰਹੀ ਹੈ । ਮਾਨੇ—ਮੰਨੇ । ਵਿਣੁ ਮਾਨੇ—ਮੰਨਣ ਤੋਂ ਬਿਨਾ, ਜਦ ਤਕ ਮਨ ਨਹੀਂ ਮੰਨਦਾ । ਕੀਮਤਿ—ਕਦਰ ।੮।

ਅਰਥ :—(ਹੇ ਭਾਈ! ਹੁਣੇ ਹੁਣੇ ਵੇਲਾ ਹੈ) ਗੁਰੂ ਦੇ ਸ਼ਬਦ ਦੀ ਵਿਚਾਰ ਸਮਝ, (ਇਥੇ ਸਦਾ) ਟਿਕੇ ਨਹੀਂ ਰਹਿ ਸਕੀਦਾ, (ਜਦੋਂ ਪ੍ਰਭੂ ਦਾ ਹੁਕਮ ਆਇਆ, ਤਦੋਂ) ਇਥੋਂ ਚੱਲਣਾ ਹੀ ਪਏਗਾ । (ਪਰ, ਹੇ ਪ੍ਰਭੂ! ਜੀਵਾਂ ਦੇ ਕੀਹ ਵੱਸ?) ਹੇ ਬੇਅੰਤ ਪ੍ਰਭੂ! ਤੈਨੂੰ ਉਹੀ ਮਨੁੱਖ ਮਿਲ ਸਕਦਾ ਹੈ ਜਿਸ ਨੂੰ ਤੂੰ ਆਪ ਮਿਲਾਏਂ, ਧੁਰ ਤੋਂ ਤੇਰਾ (ਅਜੇਹਾ ਹੀ) ਹੁਕਮ ਹੈ (ਅਜੇਹੀ ਹੀ ਰਜ਼ਾ ਹੈ) ।੧।ਰਹਾਉ।

ਜਦੋਂ (ਪਰਮਾਤਮਾ ਦਾ) ਹੁਕਮ ਹੋ ਜਾਂਦਾ ਹੈ ਜਦੋਂ (ਕਿਸੇ ਦੀ) ਚਿੱਠੀ ਧੁਰ (ਦਰਗਾਹ) ਤੋਂ ਪਾਟ ਜਾਂਦੀ ਹੈ, ਤਾਂ ਉਹ (ਇਸ ਸੰਸਾਰ ਵਿਚ) ਰਹਿ ਨਹੀਂ ਸਕਦਾ । (ਹੇ ਭਾਈ! ਜਦ ਤਕ ਤੇਰਾ) ਇਹ ਮਨ ਔਗੁਣਾਂ (ਦੀ ਫਾਹੀ) ਵਿਚ ਬੱਝਾ ਹੋਇਆ ਹੈ (ਤਦ ਤਕ ਆਪਣੇ ਇਸ) ਸਰੀਰ ਵਿਚ (ਦੁੱਖ) ਸਹਾਰ । ਜੇਹੜਾ ਮਨੁੱਖ ਪੂਰੇ ਗੁਰੂ ਦੀ ਰਾਹੀਂ ਪਰਮਾਤਮਾ ਦੇ ਦਰ ਦਾ ਮੰਗਤਾ ਬਣਦਾ ਹੈ ਉਸ ਦੇ ਸਾਰੇ ਗੁਨਾਹ ਬਖ਼ਸ਼ੇ ਜਾਂਦੇ ਹਨ ।੧।

(ਪਰ ਅਸਾਂ ਜੀਵਾਂ ਦੇ ਵੱਸ ਦੀ ਗੱਲ ਨਹੀਂ) ਹੇ ਪ੍ਰਭੂ! ਜਿਸ ਹਾਲਤ ਵਿਚ ਤੂੰ ਮੈਨੂੰ ਰੱਖਦਾ ਹੈਂ, ਮੈਂ ਉਸੇ ਹਾਲਤ ਵਿਚ ਰਹਿ ਸਕਦਾ ਹਾਂ, ਜੇਹੜੀ (ਆਤਮਕ ਖ਼ੁਰਾਕ) ਤੂੰ ਮੈਨੂੰ ਦੇਂਦਾ ਹੈਂ ਮੈਂ ਉਹੀ ਖਾਂਦਾ ਹਾਂ । (ਆਤਮਕ ਜੀਵਨ ਦੇ ਰਸਤੇ ਤੇ) ਜਿਸ ਤਰ੍ਹਾਂ ਤੂੰ ਮੈਨੂੰ ਤੋਰਦਾ ਹੈਂ ਮੈਂ ਉਸੇ ਤਰ੍ਹਾਂ ਤੁਰਦਾ ਹਾਂ, ਤੇ ਆਪਣੇ ਮੂੰਹ ਵਿਚ ਆਤਮਕ ਜੀਵਨ ਦੇਣ ਵਾਲਾ ਤੇਰਾ ਨਾਮ ਪਾਂਦਾ ਹਾਂ । ਹੇ ਮੇਰੇ ਠਾਕੁਰ! ਤੇਰੇ ਆਪਣੇ ਹੱਥ ਵਿਚ ਵਡਿਆਈਆਂ ਹਨ (ਜਿਸ ਨੂੰ ਤੂੰ ਵਡਿਆਈ ਬਖ਼ਸ਼ਦਾ ਹੈਂ ਜਿਸ ਨੂੰ ਤੂੰ ਆਪਣੇ ਚਰਨਾਂ ਵਿਚ) ਜੋੜਦਾ ਹੈਂ ਉਸ ਦੇ ਮਨ ਵਿਚ (ਤੇਰੀ ਭਗਤੀ ਦਾ) ਚਾਉ ਪੈਦਾ ਹੋ ਜਾਂਦਾ ਹੈ ।੨।

(ਪਰਮਾਤਮਾ ਦੀ ਸਿਫ਼ਤਿ-ਸਾਲਾਹ ਛੱਡ ਕੇ ਪਰਮਾਤਮਾ ਦੇ) ਪੈਦਾ ਕੀਤੇ ਹੋਏ ਦੀ ਵਡਿਆਈ ਕਰਨ ਤੋਂ ਕੋਈ (ਆਤਮਕ) ਲਾਭ ਨਹੀਂ ਹੋਵੇਗਾ (ਵਡਿਆਈਆਂ ਉਸ ਕਰਤਾਰ ਦੀਆਂ ਕਰੋ) ਜੋ (ਜਗਤ-ਰਚਨਾ) ਕਰ ਕੇ ਆਪ ਹੀ (ਉਸ ਦੀ) ਸੰਭਾਲ ਭੀ ਕਰਦਾ ਹੈ । ਜਿਸ ਕਰਤਾਰ ਨੇ ਜਗਤ ਰਚਿਆ ਹੈ ਉਹੀ (ਮੇਰੇ) ਮਨ ਵਿਚ ਵੱਸਦਾ ਹੈ । ਮੈਨੂੰ ਉਸ ਵਰਗਾ ਕੋਈ ਹੋਰ ਨਹੀਂ ਦਿੱਸਦਾ । ਉਸ ਸਦਾ-ਥਿਰ ਰਹਿਣ ਵਾਲੇ ਪਰਮਾਤਮਾ ਦੀ ਹੀ ਸਿਫ਼ਤਿ-ਸਾਲਾਹ ਕਰਨੀ ਚਾਹੀਦੀ ਹੈ (ਜੇਹੜਾ ਕਰਦਾ ਹੈ ਉਸ ਨੂੰ) ਸਦਾ ਦੀ ਇੱਜ਼ਤ ਮਿਲ ਜਾਂਦੀ ਹੈ ।੩।

ਪੰਡਿਤ (ਸ਼ਾਸਤ੍ਰ ਪੁਰਾਣ ਆਦਿਕ ਧਰਮ-ਪੁਸਤਕਾਂ ਨਿਰੀਆਂ) ਪੜ੍ਹ ਕੇ (ਉਸ ਅਵਸਥਾ ਤੇ) ਨਹੀਂ ਪਹੁੰਚਦਾ (ਜਿਥੇ ਪਰਮਾਤਮਾ ਨਾਲੋਂ ਵਿਛੋੜਾ ਮੁੱਕ ਜਾਏ, ਕਿਉਂਕਿ ਪੜ੍ਹ ਪੜ੍ਹ ਕੇ ਭੀ) ਉਹ ਮਾਇਆ ਦੇ ਜੰਜਾਲਾਂ ਵਿਚ ਬਹੁਤ ਫਸਿਆ ਰਹਿੰਦਾ ਹੈ । (ਧਰਮ ਸ਼ਾਸਤ੍ਰਾਂ ਅਨੁਸਾਰ) ਪਾਪ ਕੀਹ ਹੈ ਤੇ ਪੁੰਨ ਕੀਹ ਹੈ ਇਹ ਵਿਚਾਰ ਕਰਦਾ ਹੋਇਆ ਭੀ ਉਹ ਦ੍ਵੈਤ ਦੀ ਫਾਹੀ ਵਿਚ ਹੀ ਰਹਿੰਦਾ ਹੈ, ਮਾਇਆ ਦੀ ਭੁੱਖ ਤੇ ਆਤਮਕ ਮੌਤ (ਮੌਤ ਦਾ ਡਰ) ਉਸ ਦੇ ਸਿਰ ਤੇ ਕਾਇਮ ਰਹਿੰਦੇ ਹਨ ।

ਪਰਮਾਤਮਾ ਦੇ ਚਰਨਾਂ ਤੋਂ ਵਿਛੋੜਾ ਤੇ ਸਹਿਮ ਉਸ ਮਨੁੱਖ ਦਾ ਹੀ ਮੁੱਕਦਾ ਹੈ ਜਿਸ ਦੇ ਮਨ ਵਿਚ ਹਰ ਤਰ੍ਹਾਂ ਰੱਖਿਆ ਕਰਨ ਵਾਲਾ ਪਰਮਾਤਮਾ ਵੱਸਿਆ ਰਹਿੰਦਾ ਹੈ ।੪।

ਹੇ ਭਾਈ! ਕੀਤੇ ਕਰਮਾਂ ਦਾ ਹਿਸਾਬ ਹੋਣ ਤੇ ਜਿਨ੍ਹਾਂ ਨੂੰ ਇੱਜ਼ਤ ਮਿਲਦੀ ਹੈ ਉਹ ਪੂਰੇ ਭਾਂਡੇ ਸਮਝੇ ਜਾਂਦੇ ਹਨ । ਅਜੇਹੇ ਪੂਰਨ ਗੁਣਵਾਨ ਮਨੁੱਖ ਨੂੰ ਪਰਮਾਤਮਾ ਦੇ ਦਰ ਤੋਂ ਮਤਿ ਭੀ ਪੂਰੀ ਹੀ ਮਿਲਦੀ ਹੈ (ਜਿਸ ਕਰਕੇ ਉਹ ਭੁੱਲਣ ਵਾਲੇ ਜੀਵਨ-ਰਾਹ ਤੇ ਨਹੀਂ ਪੈਂਦਾ) ਤੇ ਸਦਾ-ਥਿਰ ਰਹਿਣ ਵਾਲੀ ਇੱਜ਼ਤ ਪ੍ਰਾਪਤ ਹੁੰਦੀ ਹੈ । (ਉਹ ਪਰਮਾਤਮਾ ਬੇਅੰਤ ਦਾਤਾਂ ਦਾ ਮਾਲਕ ਹੈ, ਜੀਵ ਨੂੰ) ਸਦਾ ਦੇਂਦਾ ਹੈ (ਉਸ ਦੇ ਖ਼ਜ਼ਾਨੇ ਵਿਚ) ਘਾਟਾ ਨਹੀਂ ਪੈਂਦਾ, ਜੀਵ ਦਾਤਾਂ ਲੈ ਲੈ ਕੇ ਥੱਕ ਜਾਂਦਾ ਹੈ ।੫।

(ਇਸ ਗੱਲ ਦੀ ਬੜੀ ਵਡਿਆਈ ਕੀਤੀ ਜਾਂਦੀ ਹੈ ਕਿ ਦੇਵਤਿਆਂ ਨੇ ਸਮੁੰਦਰ ਰਿੜਕਿਆ ਤੇ ਉਸ ਵਿਚੋਂ ਚੌਦਾਂ ਰਤਨ ਨਿਕਲੇ, ਭਲਾ) ਜੇ ਖਾਰਾ ਸਮੁੰਦਰ ਰਿੜਕਿਆ ਜਾਏ, ਉਸ ਵਿਚੋਂ ਕੋਈ ਮਨੁੱਖ ਇਕ ਰਤਨ ਲੱਭ ਲਏ (ਤਾਂ ਭੀ ਆਖ਼ਰ ਕੇਹੜੀ ਮੱਲ ਮਾਰ ਲਈ? ਉਹ ਰਤਨ) ਦੋ ਚਾਰ ਦਿਨ ਹੀ ਸੋਹਣਾ ਲੱਗਦਾ ਹੈ (ਅੰਤ) ਉਸ ਰਤਨ ਨੂੰ ਕਦੇ ਮਿੱਟੀ ਹੀ ਖਾ ਜਾਂਦੀ ਹੈ ।

(ਸਤਿਗੁਰੂ ਅਸਲ ਸਮੁੰਦਰ ਹੈ) ਜੇ ਸਤਿਗੁਰੂ ਸਮੁੰਦਰ ਨੂੰ ਸੇਵਿਆ ਜਾਏ (ਜੇ ਗੁਰੂ-ਸਮੁੰਦਰ ਦੀ ਸਰਨ ਪਈਏ, ਤਾਂ ਗੁਰੂ-ਸਮੁੰਦਰ ਐਸਾ ਨਾਮ-ਰਤਨ) ਦੇਂਦਾ ਹੈ ਜਿਸ ਨੂੰ ਕਦੇ ਘਾਟਾ ਨਹੀਂ ਪੈ ਸਕਦਾ ।੬।

ਸਾਰੀ ਲੋਕਾਈ (ਮਾਇਆ ਦੇ ਮੋਹ ਦੀ) ਮੈਲ ਨਾਲ ਭਰੀ ਹੋਈ ਹੈ, ਸਿਰਫ਼ ਉਹ ਬੰਦੇ ਸਾਫ਼-ਸੁਥਰੇ ਹਨ ਜੇਹੜੇ ਪਰਮਾਤਮਾ ਨੂੰ ਪਿਆਰੇ ਲੱਗਦੇ ਹਨ । (ਮਾਇਆ ਦੇ ਮੋਹ ਨਾਲ) ਮਲੀਨ-ਮਨ ਹੋਇਆ ਬੰਦਾ ਤਦੋਂ ਹੀ ਪਵਿਤ੍ਰ ਹੋ ਸਕਦਾ ਹੈ ਜਦੋਂ ਉਹ ਗੁਰੂ-ਪਾਰਸ ਦੀ ਸੰਗਤਿ ਵਿਚ ਰਹਿ ਕੇ (ਪਰਮਾਤਮਾ ਦੇ ਨਾਮ-ਅੰਮ੍ਰਿਤ ਨਾਲ) ਭਿੱਜਦਾ ਹੈ । ਸਦਾ-ਥਿਰ ਪ੍ਰਭੂ-ਲਾਲ ਦਾ ਨਾਮ-ਰੰਗ ਉਸ ਨੂੰ ਐਸਾ ਚੜ੍ਹਦਾ ਹੈ ਕਿ ਕਿਸੇ ਪਾਸੋਂ ਉਸ ਦਾ ਮੁੱਲ ਨਹੀਂ ਪੈ ਸਕਦਾ ।੭।

ਪਰ ਉਸ ਨਾਮ-ਰੰਗ ਦੀ ਡੂੰਘਾਈ ਬਾਹਰਲੇ ਧਾਰਮਿਕ ਪਹਿਰਾਵਿਆਂ ਨਾਲ ਨਹੀਂ ਲੱਭ ਸਕਦੀ, ਤੀਰਥ ਤੇ ਇਸ਼ਨਾਨ ਕੀਤਿਆਂ ਤੇ ਦਾਨ-ਪੁੰਨ ਕੀਤਿਆਂ ਭੀ ਨਹੀਂ ਲੱਭਦੀ । ਮੈਂ ਵੇਦ ਪੜ੍ਹਨ ਵਾਲਿਆਂ ਤੋਂ ਇਹ ਭੇਦ ਪੁੱਛਦਾ ਹਾਂ (ਧਾਰਮਿਕ ਪੁਸਤਕਾਂ ਪੜ੍ਹਨ ਨਾਲ ਭੀ ਨਾਮ-ਰੰਗ ਦੀ ਡੂੰਘਾਈ ਦੀ ਸਮਝ ਨਹੀਂ ਪੈਂਦੀ) । ਜਦ ਤਕ ਨਾਮ-ਰੰਗ ਵਿਚ ਮਨ ਨਹੀਂ ਮੰਨਦਾ (ਮਨ ਨਹੀਂ ਭਿੱਜਦਾ ਤਦ ਤਕ ਸਾਰੀ ਲੋਕਾਈ ਹੀ ਮਾਇਆ-ਮੋਹ ਵਿਚ) ਠੱਗੀ ਜਾ ਰਹੀ ਹੈ ।

ਹੇ ਨਾਨਕ! ਨਾਮ-ਰੰਗ ਦੀ ਕਦਰ ਉਹੀ ਮਨੁੱਖ ਕਰਦਾ ਹੈ ਜਿਸ ਨੂੰ ਪੂਰਾ ਗੁਰੂ ਮਿਲਦਾ ਹੈ ਤੇ (ਗੁਰੂ ਦੀ ਰਾਹੀਂ ਪਰਮਾਤਮਾ ਨਾਲ) ਡੂੰਘੀ ਸਾਂਝ ਪ੍ਰਾਪਤ ਹੁੰਦੀ ਹੈ ।੮।੬।

ਮਾਰੂ ਮਹਲਾ ੧ ॥ ਮਨਮੁਖੁ ਲਹਰਿ ਘਰੁ ਤਜਿ ਵਿਗੂਚੈ ਅਵਰਾ ਕੇ ਘਰ ਹੇਰੈ ॥ ਗ੍ਰਿਹ ਧਰਮੁ ਗਵਾਏ ਸਤਿਗੁਰੁ ਨ ਭੇਟੈ ਦੁਰਮਤਿ ਘੂਮਨ ਘੇਰੈ ॥ ਦਿਸੰਤਰੁ ਭਵੈ ਪਾਠ ਪੜਿ ਥਾਕਾ ਤ੍ਰਿਸਨਾ ਹੋਇ ਵਧੇਰੈ ॥ ਕਾਚੀ ਪਿੰਡੀ ਸਬਦੁ ਨ ਚੀਨੈ ਉਦਰੁ ਭਰੈ ਜੈਸੇ ਢੋਰੈ ॥੧॥ ਬਾਬਾ ਐਸੀ ਰਵਤ ਰਵੈ ਸੰਨਿਆਸੀ ॥ ਗੁਰ ਕੈ ਸਬਦਿ ਏਕ ਲਿਵ ਲਾਗੀ ਤੇਰੈ ਨਾਮਿ ਰਤੇ ਤ੍ਰਿਪਤਾਸੀ ॥੧॥ ਰਹਾਉ ॥ ਘੋਲੀ ਗੇਰੂ ਰੰਗੁ ਚੜਾਇਆ ਵਸਤ੍ਰ ਭੇਖ ਭੇਖਾਰੀ ॥ ਕਾਪੜ ਫਾਰਿ ਬਨਾਈ ਖਿੰਥਾ ਝੋਲੀ ਮਾਇਆਧਾਰੀ ॥ ਘਰਿ ਘਰਿ ਮਾਗੈ ਜਗੁ ਪਰਬੋਧੈ ਮਨਿ ਅੰਧੈ ਪਤਿ ਹਾਰੀ ॥ ਭਰਮਿ ਭੁਲਾਣਾ ਸਬਦੁ ਨ ਚੀਨੈ ਜੂਐ ਬਾਜੀ ਹਾਰੀ ॥੨॥ ਅੰਤਰਿ ਅਗਨਿ ਨ ਗੁਰ ਬਿਨੁ ਬੂਝੈ ਬਾਹਰਿ ਪੂਅਰ ਤਾਪੈ ॥ ਗੁਰ ਸੇਵਾ ਬਿਨੁ ਭਗਤਿ ਨ ਹੋਵੀ ਕਿਉ ਕਰਿ ਚੀਨਸਿ ਆਪੈ ॥ ਨਿੰਦਾ ਕਰਿ ਕਰਿ ਨਰਕ ਨਿਵਾਸੀ ਅੰਤਰਿ ਆਤਮ ਜਾਪੈ ॥ ਅਠਸਠਿ ਤੀਰਥ ਭਰਮਿ ਵਿਗੂਚਹਿ ਕਿਉ ਮਲੁ ਧੋਪੈ ਪਾਪੈ ॥੩॥ ਛਾਣੀ ਖਾਕੁ ਬਿਭੂਤ ਚੜਾਈ ਮਾਇਆ ਕਾ ਮਗੁ ਜੋਹੈ ॥ ਅੰਤਰਿ ਬਾਹਰਿ ਏਕੁ ਨ ਜਾਣੈ ਸਾਚੁ ਕਹੇ ਤੇ ਛੋਹੈ ॥ ਪਾਠੁ ਪੜੈ ਮੁਖਿ ਝੂਠੋ ਬੋਲੈ ਨਿਗੁਰੇ ਕੀ ਮਤਿ ਓਹੈ ॥ ਨਾਮੁ ਨ ਜਪਈ ਕਿਉ ਸੁਖੁ ਪਾਵੈ ਬਿਨੁ ਨਾਵੈ ਕਿਉ ਸੋਹੈ ॥੪॥ ਮੂੰਡੁ ਮੁਡਾਇ ਜਟਾ ਸਿਖ ਬਾਧੀ ਮੋਨਿ ਰਹੈ ਅਭਿਮਾਨਾ ॥ ਮਨੂਆ ਡੋਲੈ ਦਹਦਿਸ ਧਾਵੈ ਬਿਨੁ ਰਤ ਆਤਮ ਗਿਆਨਾ ॥ ਅੰਮ੍ਰਿਤੁ ਛੋਡਿ ਮਹਾ ਬਿਖੁ ਪੀਵੈ ਮਾਇਆ ਕਾ ਦੇਵਾਨਾ ॥ ਕਿਰਤੁ ਨ ਮਿਟਈ ਹੁਕਮੁ ਨ ਬੂਝੈ ਪਸੂਆ ਮਾਹਿ ਸਮਾਨਾ ॥੫॥ ਹਾਥ ਕਮੰਡਲੁ ਕਾਪੜੀਆ ਮਨਿ ਤ੍ਰਿਸਨਾ ਉਪਜੀ ਭਾਰੀ ॥ ਇਸਤ੍ਰੀ ਤਜਿ ਕਰਿ ਕਾਮਿ ਵਿਆਪਿਆ ਚਿਤੁ ਲਾਇਆ ਪਰ ਨਾਰੀ ॥ ਸਿਖ ਕਰੇ ਕਰਿ ਸਬਦੁ ਨ ਚੀਨੈ ਲੰਪਟੁ ਹੈ ਬਾਜਾਰੀ ॥ ਅੰਤਰਿ ਬਿਖੁ ਬਾਹਰਿ ਨਿਭਰਾਤੀ ਤਾ ਜਮੁ ਕਰੇ ਖੁਆਰੀ ॥੬॥ ਸੋ ਸੰਨਿਆਸੀ ਜੋ ਸਤਿਗੁਰ ਸੇਵੈ ਵਿਚਹੁ ਆਪੁ ਗਵਾਏ ॥ ਛਾਦਨ ਭੋਜਨ ਕੀ ਆਸ ਨ ਕਰਈ ਅਚਿੰਤੁ ਮਿਲੈ ਸੋ ਪਾਏ ॥ ਬਕੈ ਨ ਬੋਲੈ ਖਿਮਾ ਧਨੁ ਸੰਗ੍ਰਹੈ ਤਾਮਸੁ ਨਾਮਿ ਜਲਾਏ ॥ ਧਨੁ ਗਿਰਹੀ ਸੰਨਿਆਸੀ ਜੋਗੀ ਜਿ ਹਰਿ ਚਰਣੀ ਚਿਤੁ ਲਾਏ ॥੭॥ ਆਸ ਨਿਰਾਸ ਰਹੈ ਸੰਨਿਆਸੀ ਏਕਸੁ ਸਿਉ ਲਿਵ ਲਾਏ ॥ ਹਰਿ ਰਸੁ ਪੀਵੈ ਤਾ ਸਾਤਿ ਆਵੈ ਨਿਜ ਘਰਿ ਤਾੜੀ ਲਾਏ ॥ ਮਨੂਆ ਨ ਡੋਲੈ ਗੁਰਮੁਖਿ ਬੂਝੈ ਧਾਵਤੁ ਵਰਜਿ ਰਹਾਏ ॥ ਗ੍ਰਿਹੁ ਸਰੀਰੁ ਗੁਰਮਤੀ ਖੋਜੇ ਨਾਮੁ ਪਦਾਰਥੁ ਪਾਏ ॥੮॥ ਬ੍ਰਹਮਾ ਬਿਸਨੁ ਮਹੇਸੁ ਸਰੇਸਟ ਨਾਮਿ ਰਤੇ ਵੀਚਾਰੀ ॥ ਖਾਣੀ ਬਾਣੀ ਗਗਨ ਪਤਾਲੀ ਜੰਤਾ ਜੋਤਿ ਤੁਮਾਰੀ ॥ ਸਭਿ ਸੁਖ ਮੁਕਤਿ ਨਾਮ ਧੁਨਿ ਬਾਣੀ ਸਚੁ ਨਾਮੁ ਉਰ ਧਾਰੀ ॥ ਨਾਮ ਬਿਨਾ ਨਹੀ ਛੂਟਸਿ ਨਾਨਕ ਸਾਚੀ ਤਰੁ ਤੂ ਤਾਰੀ ॥੯॥੭॥ {ਪੰਨਾ ੧੦੧੨-੧੦੧੩}

ਪਦ ਅਰਥ :—ਮਨਮੁਖੁ—ਉਹ ਬੰਦਾ ਜਿਸ ਨੇ ਆਪਣਾ ਮੂੰਹ ਆਪਣੇ ਮਨ ਵਲ ਕੀਤਾ ਹੋਇਆ ਹੈ, ਆਪਣੇ ਮਨ ਦੇ ਪਿੱਛੇ ਤੁਰਨ ਵਾਲਾ ਬੰਦਾ। ਲਹਰਿ—(ਤਿਆਗ ਦੀ) ਲਹਿਰ, (ਤਿਆਗ ਦਾ) ਜੋਸ਼। ਤਜਿ—ਤਿਆਗ ਕੇ। ਵਿਗੂਚੈ—ਖ਼ੁਆਰ ਹੁੰਦਾ ਹੈ। ਅਵਰਾ ਕੇ—ਹੋਰਨਾਂ ਦੇ। ਹੇਰੈ—ਤੱਕਦਾ ਹੈ {ਨੋਟ :—ਲਫ਼ਜ਼ 'ਘਰੁ' ਅਤੇ 'ਘਰ' ਦਾ ਫ਼ਰਕ ਚੇਤੇ ਰੱਖਣਾ}। ਗ੍ਰਿਹ ਧਰਮੁ—ਗ੍ਰਿਹਸਤ ਦਾ ਫ਼ਰਜ਼। ਭੇਟੈ—ਮਿਲਦਾ ਹੈ। ਘੂਮਨ ਘੇਰੈ—ਘੁੰਮਣਘੇਰੀ ਵਿਚ (ਫਸ ਜਾਂਦਾ ਹੈ)। ਦਿਸੰਤਰੁ—ਦੇਸ ਦੇਸ ਅੰਤਰ, ਹੋਰ ਹੋਰ ਦੇਸ। ਪੜਿ—ਪੜ੍ਹ ਕੇ। ਤ੍ਰਿਸ਼ਨਾ—ਮਾਇਆ ਦਾ ਲਾਲਚ। ਕਾਚੀ ਪਿੰਡੀ—ਹੋਛੀ ਮਤਿ ਵਾਲਾ। ਉਦਰੁ—ਪੇਟ, ਢਿੱਡ। ਢੋਰ—ਪਸ਼ੂ।੧।

ਬਾਬਾ—ਹੇ ਪ੍ਰਭੂ! ਰਵਤ ਰਵੈ—ਰਹਿਤ ਰਹੇ। ਸਬਦਿ—ਸ਼ਬਦ ਦੀ ਰਾਹੀਂ। ਨਾਮਿ—ਨਾਮ ਵਿਚ। ਰਤੇ—ਰੰਗੇ ਜਾ ਕੇ। ਤ੍ਰਿਪਤਾਸੀ—ਮਾਇਆ ਦੀ ਤ੍ਰਿਸ਼ਨਾ ਵਲੋਂ ਰਜੇਵਾਂ।੧।ਰਹਾਉ।

ਗੇਰੂ—ਗੇਰੀ। ਭੇਖ—ਸਾਧੂਆਂ ਵਾਲੇ ਪਹਿਰਾਵੇ। ਭੇਖਾਰੀ—ਮੰਗਤਾ। ਫਾਰਿ—ਪਾੜ ਕੇ। ਖਿੰਥਾ—ਗੋਦੜੀ। ਮਾਇਆਧਾਰੀ—(ਅੰਨ ਆਟਾ ਆਦਿਕ) ਮਾਇਆ ਪਾਣ ਵਾਸਤੇ ਝੋਲੀ। ਪਰਬੋਧੈ—ਉਪਦੇਸ਼ ਕਰਦਾ ਹੈ। ਮਨਿ—ਮਨ ਦੀ ਰਾਹੀਂ। ਮਨਿ ਅੰਧੈ—ਅੰਨ੍ਹੇ ਮਨ ਦੀ ਰਾਹੀਂ, ਮਨ (ਮਾਇਆ ਦੇ ਮੋਹ ਵਿਚ) ਅੰਨ੍ਹਾ ਹੋਣ ਦੇ ਕਾਰਨ। ਪਤਿ—ਇੱਜ਼ਤ। ਹਾਰੀ—ਗਵਾ ਲਈ।੨।

ਨ ਬੂਝੈ—ਨਹੀਂ ਬੁੱਝਦੀ। ਪੂਅਰ—ਧੂਣੀਆਂ। ਤਾਪੈ—ਤਪਾਂਦਾ ਹੈ, ਬਾਲਦਾ ਹੈ। ਚੀਨਸਿ—ਪਛਾਣੇ। ਆਪੈ—ਆਪਣੇ ਆਪ ਨੂੰ, ਆਪਣੇ ਆਤਮਕ ਜੀਵਨ ਨੂੰ। ਅੰਤਰਿ ਆਤਮ—ਆਪਣੇ ਆਪ ਦੇ ਅੰਦਰ। ਜਾਪੈ—(ਉਸ ਨੂੰ) ਸੁੱਝਦਾ ਹੈ, ਦਿੱਸਦਾ ਹੈ। ਅਠਸਠਿ—ਅੱਠ ਤੇ ਸੱਠ ਅਠਾਹਠ। ਵਿਗੂਚਹਿ—ਖ਼ੁਆਰ ਹੁੰਦੇ ਹਨ। ਪਾਪੈ—ਪਾਪ ਦੀ।੩।

ਬਿਭੂਤ—ਸੁਆਹ। ਚੜਾਈ—(ਪਿੰਡੇ ਤੇ) ਮਲ ਲਈ। ਮਗੁ—ਰਸਤਾ। ਜੋਹੈ—ਤੱਕਦਾ ਹੈ। ਛੋਹੈ—ਖਿੱਝਦਾ ਹੈ। ਝੂਠੋ—ਝੂਠ ਹੀ। ਓਹੈ—ਉਹ ਪਹਿਲੀ ਹੀ। ਜਪਈ—ਜਪੈ, ਜਪਦਾ। ਸੋਹੈ—ਸੋਭਦਾ।੪।

ਮੂੰਡੁ—ਸਿਰ। ਮੁਡਾਈ—ਮੁਨਾ ਕੇ। ਸਿਖ—ਬੋਦੀ, ਚੋਟੀ। ਮੋਨਿ ਰਹੈ—ਚੁੱਪ ਸਾਧੀ ਰੱਖਦਾ ਹੈ। ਦਹ—ਦਸ। ਦਿਸ—ਪਾਸੇ। ਧਾਵੈ—ਦੌੜਦਾ ਹੈ, ਭਟਕਦਾ ਹੈ। ਰਤ—ਰੰਗਿਆ ਹੋਇਆ। ਬਿਖ—ਜ਼ਹਿਰ (ਜੋ ਆਤਮਕ ਮੌਤ ਲਿਆਉਂਦਾ ਹੈ)। ਦੇਵਾਨਾ—ਪਾਗਲ, ਆਸ਼ਕ। ਕਿਰਤੁ—ਪਿਛਲੇ ਕੀਤੇ ਕਰਮਾਂ ਦੇ ਸੰਸਕਾਰਾਂ ਦਾ ਇਕੱਠ।੫।

ਹਾਥਿ—ਹੱਥ ਵਿਚ। ਕਮੰਡਲੁ—ਚਿੱਪੀ। ਕਾਪੜੀਆ—ਲੀਰਾਂ ਦਾ ਚੋਲਾ ਪਹਿਨਣ ਵਾਲਾ ਸਾਧੂ। ਮਨਿ—ਮਨ ਵਿਚ। ਤਜਿ—ਛੱਡ ਕੇ। ਕਾਮਿ—ਕਾਮ-ਵਾਸਨਾ ਹੇਠ। ਵਿਆਪਿਆ—ਨੱਪਿਆ ਗਿਆ। ਸਿਖ—(ਅਨੇਕਾਂ) ਸੇਵਕ। ਲੰਪਟੁ—(ਮਾਇਆ ਵਿਚ, ਵਿਕਾਰ ਵਿਚ) ਖਚਿਤ। ਬਾਜਾਰੀ—ਮਸਖ਼ਰਾ। ਨਿਭਰਾਤੀ—ਭਟਕਣਾ ਦਾ ਅਭਾਵ, ਸ਼ਾਂਤੀ। ਖੁਆਰੀ—ਦੁਰਗਤੀ।

ਆਪੁ—ਆਪਾ-ਭਾਵ। ਛਾਦਨ—ਕੱਪੜਾ। ਅਚਿੰਤੁ—ਸਹਜ ਸੁਭਾਇ, ਸੋਚਾਂ ਕਰਨ ਤੋਂ ਬਿਨਾ। ਖਿਮਾ—ਦੂਜਿਆਂ ਦੀ ਵਧੀਕੀ ਸਹਾਰਨ ਦਾ ਸੁਭਾਉ। ਸੰਗ੍ਰਹੈ—ਇਕੱਠਾ ਕਰਦਾ ਹੈ। ਤਾਮਸੁ—ਤਮੋ ਗੁਣ, ਕ੍ਰੋਧ। ਨਾਮਿ ਦੀ ਰਾਹੀਂ। ਧਨੁ—ਭਾਗਾਂ ਵਾਲਾ। ਗਿਰਹੀ—ਗ੍ਰਿਹਸਤੀ।੭।

ਏਕਸੁ ਸਿਉ—ਸਿਰਫ਼ ਇੱਕ (ਪਰਮਾਤਮਾ) ਨਾਲ। ਲਿਵ—ਲਗਨ। ਨਿਜ ਘਰਿ—ਆਪਣੇ ਘਰ ਵਿਚ, ਉਸ ਘਰ ਵਿਚ ਜੋ ਸਦਾ ਆਪਣਾ ਹੈ। ਵਰਜਿ—ਰੋਕ ਕੇ। ਰਹਾਏ—ਰੱਖੇ। ਗ੍ਰਿਹੁ—ਘਰ। ਪਦਾਰਥੁ—ਸਰਮਾਇਆ।੮।

ਮਹੇਸੁ—ਸ਼ਿਵ। ਸਰੇਸਟ—ਸਭ ਤੋਂ ਉੱਤਮ। ਨਾਮਿ ਰਤੇ—ਪਰਮਾਤਮਾ ਦੇ ਨਾਮ ਵਿਚ ਰੰਗੇ ਹੋਏ। ਵੀਚਾਰੀ—ਵਿਚਾਰਵਾਨ। ਖਾਣੀ—ਜਗਤ-ਉਤਪੱਤੀ ਦੀਆਂ ਚਾਰ ਖਾਣਾਂ—ਅੰਡਜ, ਜੇਰਜ, ਸੇਤਜ, ਉਤਭੁਜ (੧. ਅੰਡਜ—ਆਂਡਿਆਂ ਵਿਚੋਂ ਪੈਦਾ ਹੋਣ ਵਾਲੇ ਪੰਛੀ ਆਦਿਕ। ੨. ਜੇਰਜ—ਜਿਓਰ ਵਿਚੋਂ ਜੰਮਣ

ਵਾਲੇ, ਪਸ਼ੂ ਮਨੁੱਖ । ੩. ਸੇਤਜ—ਮੁੜ੍ਹਕੇ ਅਤੇ ਧਰਤੀ ਦੇ ਹੁੰਮ ਨਾਲ ਪੈਦਾ ਹੋਣ ਵਾਲੇ, ਜੂਆਂ, ਚੀਚ ਵਹੁਟੀਆਂ ਆਦਿਕ । ੪. ਉਤਭੁਜ—ਧਰਤੀ ਵਿਚੋਂ ਜੰਮਣ ਵਾਲੇ ਰੁੱਖ ਆਦਿਕ} । ਬਾਣੀ—ਬੋਲੀ, ਸਭ ਦੇਸਾਂ ਦੇ ਜੀਵਾਂ ਦੀਆਂ ਵਖ-ਵਖ ਬੋਲੀਆਂ ।

ਗਗਨ—ਆਕਾਸ਼ । ਪਤਾਲੀ—ਪਾਤਾਲਾਂ ਵਿਚ । ਸਭਿ—ਸਾਰੇ । ਮੁਕਤਿ—ਮਾਇਆ ਦੇ ਬੰਧਨਾਂ ਤੋਂ ਖ਼ਲਾਸੀ । ਨਾਮ ਧੁਨਿ—ਨਾਮ ਦੀ ਰੌ । ਬਾਣੀ—ਪ੍ਰਭੂ ਦੀ ਸਿਫ਼ਤਿ-ਸਾਲਾਹ ਦੀ ਬਾਣੀ । ਉਰ ਧਾਰੀ—ਹਿਰਦੇ ਵਿਚ ਟਿਕਿਆ । ਉਰ—ਹਿਰਦਾ । ਨਹੀ ਛੂਟਸਿ—ਮੁਕਤੀ ਪ੍ਰਾਪਤ ਨਹੀਂ ਕਰ ਸਕਦਾ । ਸਾਚੀ ਤਾਰੀ—ਉਹ ਤਾਰੀ ਜੋ ਸਦਾ-ਥਿਰ ਰਹੇ, ਉਹ ਤਾਰੀ ਜਿਸ ਵਿਚ ਡੁੱਬਣ ਦਾ ਖ਼ਤਰਾ ਨਾਹ ਹੋਵੇ ।੯।

ਅਰਥ :—ਹੇ ਪ੍ਰਭੂ ! ਅਸਲ ਸੰਨਿਆਸੀ ਉਹ ਹੈ ਜੋ ਅਜੇਹਾ ਜੀਵਨ ਜੀਵੇ ਕਿ ਗੁਰੂ ਦੇ ਸ਼ਬਦ ਵਿਚ ਜੁੜ ਕੇ ਉਸ ਦੀ ਲਗਨ ਇਕ (ਤੇਰੇ ਚਰਨਾਂ) ਵਿਚ ਲੱਗੀ ਰਹੇ । ਤੇਰੇ ਨਾਮ-ਰੰਗ ਵਿਚ ਰੰਗੀਜ ਕੇ (ਮਾਇਆ ਵਲੋਂ) ਉਸ ਨੂੰ ਸਦਾ ਤ੍ਰਿਪਤੀ ਰਹੇਗੀ ।੧।ਰਹਾਉ।

ਪਰ ਆਪਣੇ ਮਨ ਦੇ ਪਿੱਛੇ ਤੁਰਨ ਵਾਲਾ ਮਨੁੱਖ (ਤਿਆਗ ਦੇ) ਜੋਸ਼ ਵਿਚ ਆਪਣਾ ਘਰ ਤਿਆਗ ਕੇ (ਫਿਰ ਰੋਟੀ ਆਦਿਕ ਦੀ ਖ਼ਾਤਰ) ਹੋਰਨਾਂ ਦੇ ਘਰ ਤੱਕਦਾ ਫਿਰਦਾ ਹੈ । ਗ੍ਰਿਹਸਤ ਨਿਬਾਹੁਣ ਦਾ ਫ਼ਰਜ਼ (ਕਿਰਤ ਕਰਨੀ) ਛੱਡ ਦੇਂਦਾ ਹੈ (ਇਸ ਗ਼ਲਤ ਤਿਆਗ ਨਾਲ ਉਸ ਨੂੰ) ਸਤਿਗੁਰੂ (ਭੀ) ਨਹੀਂ ਮਿਲਦਾ, ਤੇ ਆਪਣੀ ਭੈੜੀ ਮਤਿ ਦੀ ਘੁੰਮਣ-ਘੇਰੀ ਵਿਚ (ਗੋਤੇ ਖਾਂਦਾ ਹੈ) । (ਆਪਣਾ ਘਰ ਛੱਡ ਕੇ) ਹੋਰ ਹੋਰ ਦੇਸਾਂ (ਦਾ) ਰਟਨ ਕਰਦਾ ਫਿਰਦਾ ਹੈ, (ਧਰਮ-ਪੁਸਤਕਾਂ ਦੇ) ਪਾਠ ਪੜ੍ਹ ਪੜ੍ਹ ਕੇ ਭੀ ਥੱਕ ਜਾਂਦਾ ਹੈ, (ਪਰ ਮਾਇਆ ਦੀ) ਤ੍ਰਿਸ਼ਨਾ (ਮੁੱਕਣ ਦੇ ਥਾਂ ਸਗੋਂ) ਵਧਦੀ ਜਾਂਦੀ ਹੈ । ਹੋਛੀ ਮਤਿ ਵਾਲਾ (ਮਨਮੁਖ) ਗੁਰੂ ਦੇ ਸ਼ਬਦ ਨੂੰ ਨਹੀਂ ਵਿਚਾਰਦਾ, (ਤੇ ਲੋਕਾਂ ਦੇ ਘਰਾਂ ਤੋਂ ਵੇਹਲੜ) ਪਸ਼ੂਆਂ ਵਾਂਗ ਆਪਣਾ ਢਿੱਡ ਭਰਦਾ ਹੈ ।੧।

ਮਨਮੁਖ ਬੰਦਾ ਗੇਰੀ ਘੋਲਦਾ ਹੈ, ਉਸ ਦਾ ਰੰਗ (ਆਪਣੇ ਕੱਪੜਿਆਂ ਉਤੇ) ਚਾੜ੍ਹਦਾ ਹੈ, ਧਾਰਮਿਕ ਪਹਿਰਾਵੇ ਵਾਲੇ ਕੱਪੜੇ ਪਾ ਕੇ ਭਿਖਾਰੀ ਬਣ ਜਾਂਦਾ ਹੈ । ਕੱਪੜੇ ਪਾੜ ਕੇ (ਪਹਿਨਣ ਲਈ) ਗੋਦੜੀ ਬਣਾਂਦਾ ਹੈ, ਤੇ (ਅੰਨ ਆਟਾ ਆਦਿਕ) ਮਾਇਆ ਪਾਣ ਲਈ ਝੋਲੀ (ਤਿਆਰ ਕਰ ਲੈਂਦਾ ਹੈ) । (ਆਪ ਤਾਂ) ਹਰੇਕ ਘਰ ਵਿਚ (ਜਾ ਕੇ ਭਿੱਛਿਆ) ਮੰਗਦਾ ਹੈ ਪਰ ਜਗਤ ਨੂੰ (ਸਤ ਧਰਮ ਦਾ) ਉਪਦੇਸ਼ ਕਰਦਾ ਹੈ, ਆਪਣਾ ਮਨ ਅੰਨ੍ਹਾ ਹੋਣ ਦੇ ਕਾਰਨ ਮਨਮੁਖ ਆਪਣੀ ਇੱਜ਼ਤ ਗਵਾ ਲੈਂਦਾ ਹੈ । ਭਟਕਣਾ ਵਿਚ (ਪੈ ਕੇ ਜੀਵਨ-ਰਾਹ ਤੋਂ) ਖੁੰਝਿਆ ਹੋਇਆ ਗੁਰੂ ਦੇ ਸ਼ਬਦ ਨੂੰ ਪਛਾਣਦਾ ਨਹੀਂ (ਜਿਵੇਂ ਕੋਈ ਜੁਆਰੀਆ) ਜੂਏ ਵਿਚ ਬਾਜ਼ੀ ਹਾਰਦਾ ਹੈ (ਤਿਵੇਂ ਇਹ ਮਨਮੁਖ ਆਪਣੀ ਮਨੁੱਖਾ ਜਨਮ ਦੀ ਬਾਜ਼ੀ ਹਾਰ ਜਾਂਦਾ ਹੈ) ।੨।

(ਆਪਣੇ ਵਲੋਂ ਤਿਆਗੀ ਬਣੇ ਹੋਏ ਮਨਮੁਖ ਦੇ) ਮਨ ਵਿਚ ਤ੍ਰਿਸ਼ਨਾ ਦੀ (ਬਲਦੀ) ਅੱਗ ਗੁਰੂ ਤੋਂ ਬਿਨਾ ਬੁੱਝਦੀ ਨਹੀਂ, ਪਰ ਬਾਹਰ ਧੂਣੀਆਂ ਤਪਾਂਦਾ ਹੈ । ਗੁਰੂ ਦੀ ਦੱਸੀ ਸੇਵਾ ਕਰਨ ਤੋਂ ਬਿਨਾ ਪਰਮਾਤਮਾ ਦੀ ਭਗਤੀ ਹੋ ਨਹੀਂ ਸਕਦੀ (ਇਹ ਮਨਮੁਖ) ਆਪਣੇ ਆਤਮਕ ਜੀਵਨ ਨੂੰ ਕਿਵੇਂ ਪਛਾਣੇ? ਉਂਞ ਅੰਤਰ ਆਤਮੇ ਇਸ ਨੂੰ ਸੁੱਝਦਾ ਹੈ ਕਿ (ਕਿਰਤੀ ਗ੍ਰਿਹਸਤੀਆਂ ਦੀ) ਨਿੰਦਿਆ ਕਰ ਕਰ ਕੇ ਨਰਕੀ ਜੀਵਨ ਬਿਤੀਤ ਕਰ ਰਿਹਾ ਹੈ । ਅਠਾਹਠ ਤੀਰਥਾਂ ਉਤੇ ਭੌਂ ਕੇ ਭੀ (ਮਨਮੁਖ ਤਿਆਗੀ) ਖ਼ੁਆਰ ਹੀ ਹੁੰਦੇ ਹਨ, (ਤੀਰਥਾਂ ਤੇ ਜਾਣ ਨਾਲ) ਪਾਪਾਂ ਦੀ ਮੈਲ ਕਿਵੇਂ ਧੁਪ ਸਕਦੀ ਹੈ? ।੩।

(ਲੋਕ-ਵਿਖਾਵੇ ਲਈ) ਸੁਆਹ ਛਾਣਦਾ ਹੈ ਤੇ ਉਹ ਸੁਆਹ ਆਪਣੇ ਪਿੰਡੇ ਉਤੇ ਮਲ ਲੈਂਦਾ ਹੈ, ਪਰ (ਅੰਤਰ ਆਤਮੇ) ਮਾਇਆ ਦਾ ਰਸਤਾ ਤੱਕਦਾ ਰਹਿੰਦਾ ਹੈ (ਕਿ ਕੋਈ ਗ੍ਰਿਹਸਤੀ ਦਾਨੀ ਆ ਕੇ ਮਾਇਆ ਭੇਟ ਕਰੇ) । (ਬਾਹਰੋਂ ਹੋਰ ਤੇ ਅੰਦਰੋਂ ਹੋਰ ਹੋਣ ਕਰਕੇ) ਆਪਣੇ ਅੰਦਰ ਤੇ ਬਾਹਰ ਜਗਤ ਵਿਚ ਇਕ ਪਰਮਾਤਮਾ ਨੂੰ (ਵਿਆਪਕ) ਨਹੀਂ ਸਮਝ ਸਕਦਾ, (ਜੇ) ਇਹ ਸੱਚਾ ਵਾਕ ਉਸ ਨੂੰ ਆਖੀਏ ਤਾਂ ਖਿੱਝਦਾ ਹੈ । (ਧਰਮ-ਪੁਸਤਕਾਂ ਦਾ) ਪਾਠ ਪੜ੍ਹਦਾ (ਤਾਂ) ਹੈ ਪਰ ਮੂੰਹੋਂ ਝੂਠ ਹੀ ਬੋਲਦਾ ਹੈ, ਗੁਰੂ-ਹੀਣ ਹੋਣ ਕਰਕੇ ਉਸ ਦੀ ਮਤਿ ਉਹ ਪਹਿਲੇ ਵਰਗੀ ਹੀ ਰਹਿੰਦੀ ਹੈ (ਭਾਵ, ਜ਼ਾਹਰਾ ਤਿਆਗ ਨਾਲ ਉਸ ਦੇ ਆਤਮਕ ਜੀਵਨ ਵਿਚ ਕੋਈ ਫ਼ਰਕ ਨਹੀਂ ਪੈਂਦਾ) । ਜਦ ਤਕ ਪਰਮਾਤਮਾ ਦਾ ਨਾਮ ਨਹੀਂ ਜਪਦਾ ਤਦ ਤਕ ਆਤਮਕ ਆਨੰਦ ਨਹੀਂ ਮਿਲਦਾ, ਪ੍ਰਭੂ-ਨਾਮ ਤੋਂ ਬਿਨਾ ਜੀਵਨ ਸੁਚੱਜਾ ਨਹੀਂ ਬਣ ਸਕਦਾ ।੪।

ਕੋਈ ਸਿਰ ਮੁਨਾ ਲੈਂਦਾ ਹੈ, ਕੋਈ ਜਟਾਂ ਦਾ ਜੂੜਾ ਬੰਨ੍ਹ ਲੈਂਦਾ ਹੈ, ਤੇ ਮੋਨ ਧਾਰ ਕੇ ਬੈਠ ਜਾਂਦਾ ਹੈ (ਇਸ ਸਾਰੇ ਭੇਖ ਦਾ) ਮਾਣ (ਭੀ ਕਰਦਾ ਹੈ) । ਪਰ ਆਤਮਕ ਤੌਰ ਤੇ ਪ੍ਰਭੂ ਨਾਲ ਡੂੰਘੀ ਸਾਂਝ ਦੇ ਰੰਗ ਵਿਚ ਰੰਗੇ ਜਾਣ ਤੋਂ ਬਿਨਾ ਉਸ ਦਾ ਮਨ ਡੋਲਦਾ ਰਹਿੰਦਾ ਹੈ, ਤੇ (ਮਾਇਆ ਦੀ ਤ੍ਰਿਸ਼ਨਾ ਵਿਚ ਹੀ) ਦਸੀਂ ਪਾਸੀਂ ਦੌੜਦਾ ਫਿਰਦਾ ਹੈ । (ਅੰਤਰ ਆਤਮੇ) ਮਾਇਆ ਦਾ ਪ੍ਰੇਮੀ (ਰਹਿਣ ਕਰਕੇ) ਪਰਮਾਤਮਾ ਦਾ ਨਾਮ-ਅੰਮ੍ਰਿਤ ਛੱਡ ਦੇਂਦਾ ਹੈ ਤੇ (ਤ੍ਰਿਸ਼ਨਾ ਦਾ ਉਹ) ਜ਼ਹਿਰ ਪੀਂਦਾ ਰਹਿੰਦਾ ਹੈ (ਜੋ ਇਸ ਦੇ ਆਤਮਕ ਜੀਵਨ ਨੂੰ ਮਾਰ ਮੁਕਾਂਦਾ ਹੈ) । (ਪਰ ਇਸ ਮਨਮੁਖ ਦੇ ਕੀਹ ਵੱਸ?) ਪਿਛਲੇ ਕੀਤੇ ਕਰਮਾਂ ਦੇ ਸੰਸਕਾਰਾਂ ਦਾ ਇਕੱਠ (ਅੰਦਰੋਂ) ਮੁੱਕਦਾ ਨਹੀਂ, (ਉਹਨਾਂ ਸੰਸਕਾਰਾਂ ਦੇ ਅਸਰ ਹੇਠ ਜੀਵ) ਪਰਮਾਤਮਾ ਦੀ ਰਜ਼ਾ ਨੂੰ ਨਹੀਂ ਸਮਝ ਸਕਦਾ, (ਇਸ ਤਰ੍ਹਾਂ, ਤਿਆਗੀ ਬਣ ਕੇ ਭੀ) ਪਸ਼ੂ-ਸੁਭਾਵ ਵਿਚ ਟਿਕਿਆ ਰਹਿੰਦਾ ਹੈ ।੫।

(ਮਨਮੁਖ ਮਨੁੱਖ ਤਿਆਗੀ ਬਣ ਕੇ) ਹੱਥ ਵਿਚ ਚਿੱਪੀ ਫੜ ਲੈਂਦਾ ਹੈ, ਲੀਰਾਂ ਦਾ ਚੋਲਾ ਪਹਿਨ ਲੈਂਦਾ ਹੈ, ਪਰ ਮਨ ਵਿਚ ਮਾਇਆ ਦੀ ਭਾਰੀ ਤ੍ਰਿਸ਼ਨਾ ਪੈਦਾ ਹੋਈ ਰਹਿੰਦੀ ਹੈ (ਆਪਣੇ ਵਲੋਂ ਤਿਆਗੀ ਬਣ ਕੇ) ਆਪਣੀ ਇਸਤ੍ਰੀ ਛੱਡ ਕੇ ਆਏ ਨੂੰ ਕਾਮ-ਵਾਸਨਾ ਨੇ ਆ ਦਬਾਇਆ, ਤਾਂ ਪਰਾਈ ਨਾਰ ਨਾਲ ਚਿੱਤ ਜੋੜਦਾ ਹੈ । ਚੇਲੇ ਬਣਾਂਦਾ ਹੈ, ਗੁਰੂ ਦੇ ਸ਼ਬਦ ਨੂੰ ਨਹੀਂ ਪਛਾਣਦਾ, ਕਾਮ-ਵਾਸਨਾ ਵਿਚ ਗ੍ਰਸਿਆ ਹੋਇਆ ਹੈ, ਤੇ (ਇਸ ਤਰ੍ਹਾਂ ਸੰਨਿਆਸੀ ਬਣਨ ਦੇ ਥਾਂ ਲੋਕਾਂ ਦੀਆਂ ਨਜ਼ਰਾਂ ਵਿਚ) ਮਸਖ਼ਰਾ ਬਣਿਆ ਹੋਇਆ ਹੈ । (ਮਨਮੁਖ ਦੇ) ਅੰਦਰ (ਆਤਮਕ ਮੌਤ ਲਿਆਉਣ ਵਾਲੀ ਤ੍ਰਿਸ਼ਨਾ ਦਾ) ਜ਼ਹਿਰ ਹੈ, ਬਾਹਰ (ਲੋਕਾਂ ਨੂੰ ਵਿਖਾਣ ਵਾਸਤੇ) ਸ਼ਾਂਤੀ ਧਾਰਨ ਕੀਤੀ ਹੋਈ ਹੈ । (ਅਜੇਹੇ ਪਖੰਡੀ ਨੂੰ) ਆਤਮਕ ਮੌਤ-ਖ਼ੁਆਰ ਕਰਦੀ ਹੈ ।੬।

ਅਸਲ ਸੰਨਿਆਸੀ ਉਹ ਹੈ ਜੋ ਗੁਰੂ ਦੀ ਦੱਸੀ ਸੇਵਾ ਕਰਦਾ ਹੈ ਤੇ ਆਪਣੇ ਅੰਦਰੋਂ ਆਪਾ-ਭਾਵ ਦੂਰ ਕਰਦਾ ਹੈ, (ਲੋਕਾਂ ਪਾਸੋਂ) ਕੱਪੜੇ ਤੇ ਭੋਜਨ ਦੀ ਆਸ ਬਣਾਈ ਨਹੀਂ ਰੱਖਦਾ, ਸਹਿਜ ਸੁਭਾਇ ਜੋ ਮਿਲ ਜਾਂਦਾ ਹੈ ਉਹ ਲੈ ਲੈਂਦਾ ਹੈ, ਬਹੁਤ ਵਧ-ਘਟ ਬੋਲ ਨਹੀਂ ਬੋਲਦਾ ਰਹਿੰਦਾ, ਦੂਜਿਆਂ ਦੀ ਵਧੀਕੀ ਨੂੰ ਸਹਾਰਨ ਦਾ ਸੁਭਾਉ-ਰੂਪ ਧਨ ਆਪਣੇ ਅੰਦਰ ਇਕੱਠਾ ਕਰਦਾ ਹੈ, ਪ੍ਰਭੂ ਦੇ ਨਾਮ ਦੀ ਬਰਕਤਿ ਨਾਲ ਅੰਦਰੋਂ ਕ੍ਰੋਧ ਸਾੜ ਦੇਂਦਾ ਹੈ ।

ਜੇਹੜਾ ਮਨੁੱਖ ਸਦਾ ਪਰਮਾਤਮਾ ਦੇ ਚਰਨਾਂ ਵਿਚ ਚਿੱਤ ਜੋੜੀ ਰੱਖਦਾ ਹੈ, ਉਹ ਭਾਗਾਂ ਵਾਲਾ ਹੈ ਚਾਹੇ ਉਹ ਗ੍ਰਿਹਸਤੀ ਹੈ ਚਾਹੇ ਸੰਨਿਆਸੀ ਹੈ ਚਾਹੇ ਜੋਗੀ ਹੈ

।੭।

ਅਸਲ ਸੰਨਿਆਸੀ ਉਹ ਹੈ ਜੋ ਮਾਇਕ ਆਸਾਂ ਵਲੋਂ ਨਿਰਾਸ ਰਹਿੰਦਾ ਹੈ ਤੇ ਇਕ ਪਰਮਾਤਮਾ ਦੇ ਚਰਨਾਂ ਵਿਚ ਸੁਰਤਿ ਜੋੜੀ ਰੱਖਦਾ ਹੈ । ਜਦੋਂ ਮਨੁੱਖ ਪਰਮਾਤਮਾ ਦਾ ਨਾਮ-ਰਸ ਪੀਂਦਾ ਹੈ ਤੇ ਅੰਤਰ ਆਤਮੇ ਪ੍ਰਭੂ-ਚਰਨਾਂ ਵਿਚ ਜੁੜਦਾ ਹੈ ਤਦੋਂ ਇਸ ਦੇ ਅੰਦਰ ਸ਼ਾਂਤੀ ਪੈਦਾ ਹੁੰਦੀ ਹੈ । ਜਦੋਂ ਮਨੁੱਖ ਗੁਰੂ ਦੀ ਸਰਨ ਪੈ ਕੇ (ਸਹੀ ਜੀਵਨ-ਰਾਹ) ਸਮਝਦਾ ਹੈ ਉਸ ਦਾ ਮਨ ਮਾਇਆ ਦੀ ਤ੍ਰਿਸ਼ਨਾ ਵਿਚ ਡੋਲਦਾ ਨਹੀਂ, ਮਾਇਆ ਪਿੱਛੇ ਦੌੜਦੇ ਮਨ ਨੂੰ ਉਹ ਰੋਕ ਕੇ ਰੱਖਦਾ ਹੈ; ਗੁਰੂ ਦੀ ਸਿੱਖਿਆ ਲੈ ਕੇ (ਜੰਗਲ ਭਾਲਣ ਦੇ ਥਾਂ) ਸਰੀਰ-ਘਰ ਨੂੰ ਖੋਜਦਾ ਹੈ ਤੇ ਪਰਮਾਤਮਾ ਦਾ ਨਾਮ-ਸਰਮਾਇਆ ਪ੍ਰਾਪਤ ਕਰ ਲੈਂਦਾ ਹੈ ।੮।

ਬ੍ਰਹਮਾ ਹੋਵੇ, ਵਿਸ਼ਨੂੰ ਹੋਵੇ, ਸ਼ਿਵ ਹੋਵੇ, ਉਹੀ ਸਭ ਤੋਂ ਉੱਤਮ ਹਨ ਜੋ ਪ੍ਰਭੂ ਦੇ ਨਾਮ ਵਿਚ ਰੰਗੀਜ ਕੇ ਸੁੰਦਰ ਵਿਚਾਰ ਦੇ ਮਾਲਕ ਬਣ ਗਏ । ਹੇ ਪ੍ਰਭੂ! (ਭਾਵੇਂ) ਚੌਹਾਂ ਖਾਣੀਆਂ ਦੇ ਜੀਵਾਂ ਵਿਚ ਤੇ ਉਹਨਾਂ ਦੀਆਂ ਬੋਲੀਆਂ ਵਿਚ, ਪਾਤਾਲ ਆਕਾਸ਼ ਵਿਚ ਸਭ ਜੀਵਾਂ ਦੇ ਅੰਦਰ ਤੇਰੀ ਹੀ ਜੋਤਿ ਹੈ, ਪਰ ਜਿਨ੍ਹਾਂ ਨੇ ਤੇਰੇ ਸਦਾ-ਥਿਰ ਨਾਮ ਨੂੰ ਆਪਣੇ ਹਿਰਦੇ ਵਿਚ ਟਿਕਾਇਆ ਹੈ ਜਿਨ੍ਹਾਂ ਦੇ ਅੰਦਰ ਤੇਰੇ ਨਾਮ ਦੀ ਰੌ ਜਾਰੀ ਹੈ ਜਿਨ੍ਹਾਂ ਦੀ ਸੁਰਤਿ ਤੇਰੀ ਸਿਫ਼ਤਿ-ਸਾਲਾਹ ਦੀ ਬਾਣੀ ਵਿਚ ਹੈ ਉਹਨਾਂ ਨੂੰ ਹੀ ਸਾਰੇ ਸੁਖ ਹਨ ਉਹਨਾਂ ਨੂੰ ਹੀ ਮਾਇਆ ਦੇ ਬੰਧਨਾਂ ਤੋਂ ਖ਼ਲਾਸੀ ਮਿਲਦੀ ਹੈ ।

ਹੇ ਨਾਨਕ! ਪਰਮਾਤਮਾ ਦੇ ਨਾਮ ਤੋਂ ਬਿਨਾ ਕੋਈ ਜੀਵ ਮਾਇਆ ਦੇ ਮੋਹ ਤੋਂ ਬਚ ਨਹੀਂ ਸਕਦਾ, ਤੂੰ ਭੀ ਇਹੀ ਤਾਰੀ ਤਰ ਜਿਸ ਨਾਲ ਕਦੇ ਡੁੱਬਣ ਦਾ ਖ਼ਤਰਾ ਨਹੀਂ ਹੋਵੇਗਾ ।੯।੭।

ਮਾਰੂ ਮਹਲਾ ੧ ॥ ਮਾਤ ਪਿਤਾ ਸੰਜੋਗਿ ਉਪਾਏ ਰਕਤੁ ਬਿੰਦੁ ਮਿਲਿ ਪਿੰਡੁ ਕਰੇ ॥ ਅੰਤਰਿ ਗਰਭ ਉਰਧਿ ਲਿਵ ਲਾਗੀ ਸੋ ਪ੍ਰਭੁ ਸਾਰੇ ਦਾਤਿ ਕਰੇ ॥੧॥ ਸੰਸਾਰੁ ਭਵਜਲੁ ਕਿਉ ਤਰੈ ॥ ਗੁਰਮੁਖਿ ਨਾਮੁ ਨਿਰੰਜਨੁ ਪਾਈਐ ਅਫਰਿਓ ਭਾਰੁ ਅਫਾਰੁ ਟਰੈ ॥੧॥ ਰਹਾਉ ॥ ਤੇ ਗੁਣ ਵਿਸਰਿ ਗਏ ਅਪਰਾਧੀ ਮੈ ਬਉਰਾ ਕਿਆ ਕਰਉ ਹਰੇ ॥ ਤੂ ਦਾਤਾ ਦਇਆਲੁ ਸਭੈ ਸਿਰਿ ਅਹਿਨਿਸਿ ਦਾਤਿ ਸਮਾਰਿ ਕਰੇ ॥੨॥ ਚਾਰਿ ਪਦਾਰਥ ਲੈ ਜਗਿ ਜਨਮਿਆ ਸਿਵ ਸਕਤੀ ਘਰਿ ਵਾਸੁ ਧਰੇ ॥ ਲਾਗੀ ਭੂਖ ਮਾਇਆ ਮਗੁ ਜੋਹੈ ਮੁਕਤਿ ਪਦਾਰਥੁ ਮੋਹਿ ਖਰੇ ॥੩॥ ਕਰਣ ਪਲਾਵ ਕਰੇ ਨਹੀ ਪਾਵੈ ਇਤ ਉਤ ਢੂਢਤ ਥਾਕਿ ਪਰੇ ॥ ਕਾਮਿ ਕ੍ਰੋਧਿ ਅਹੰਕਾਰਿ ਵਿਆਪੇ ਕੂੜ ਕੁਟੰਬ ਸਿਉ ਪ੍ਰੀਤਿ ਕਰੇ ॥੪॥ ਖਾਵੈ ਭੋਗੈ ਸੁਣਿ ਸੁਣਿ ਦੇਖੈ ਪਹਿਰਿ ਦਿਖਾਵੈ ਕਾਲ ਘਰੇ ॥ ਬਿਨੁ ਗੁਰ ਸਬਦ ਨ ਆਪੁ ਪਛਾਣੈ ਬਿਨੁ ਹਰਿ ਨਾਮ ਨ ਕਾਲੁ ਟਰੇ ॥੫॥ ਜੇਤਾ ਮੋਹੁ ਹਉਮੈ ਕਰਿ ਭੂਲੇ ਮੇਰੀ ਮੇਰੀ ਕਰਤੇ ਛੀਨਿ ਖਰੇ ॥ ਤਨੁ ਧਨੁ ਬਿਨਸੈ ਸਹਸੈ ਸਹਸਾ ਫਿਰਿ ਪਛੁਤਾਵੈ ਮੁਖਿ ਧੂਰਿ ਪਰੇ ॥੬॥ ਬਿਰਧਿ ਭਇਆ ਜੋਬਨੁ ਤਨੁ ਖਿਸਿਆ ਕਫੁ ਕੰਠੁ ਬਿਰੂਧੋ ਨੈਨਹੁ ਨੀਰੁ ਢਰੇ ॥ ਚਰਣ ਰਹੇ ਕਰ ਕੰਪਣ ਲਾਗੇ ਸਾਕਤ ਰਾਮੁ ਨ ਰਿਦੈ ਹਰੇ ॥੭॥ ਸੁਰਤਿ ਗਈ ਕਾਲੀ ਹੂ ਧਉਲੇ ਕਿਸੈ ਨ ਭਾਵੈ ਰਖਿਓ ਘਰੇ ॥ ਬਿਸਰਤ ਨਾਮ ਐਸੇ ਦੋਖ ਲਾਗਹਿ ਜਮੁ ਮਾਰਿ ਸਮਾਰੇ ਨਰਕਿ ਖਰੇ ॥੮॥ ਪੂਰਬ ਜਨਮ ਕੋ ਲੇਖੁ ਨ ਮਿਟਈ ਜਨਮਿ ਮਰੈ ਕਾ ਕਉ ਦੋਸੁ ਧਰੇ ॥ ਬਿਨੁ ਗੁਰ ਬਾਦਿ ਜੀਵਣੁ ਹੋਰੁ ਮਰਣਾ ਬਿਨੁ ਗੁਰ ਸਬਦੈ ਜਨਮੁ ਜਰੇ ॥੯॥ ਖੁਸੀ ਖੁਆਰ ਭਏ ਰਸ ਭੋਗਣ ਫੋਕਟ ਕਰਮ ਵਿਕਾਰ ਕਰੇ ॥ ਨਾਮੁ ਬਿਸਾਰਿ ਲੋਭਿ ਮੂਲੁ ਖੋਇਓ ਸਿਰਿ ਧਰਮਰਾਇ ਕਾ ਡੰਡੁ ਪਰੇ ॥੧੦॥ ਗੁਰਮੁਖਿ ਰਾਮ ਨਾਮ ਗੁਣ ਗਾਵਹਿ ਜਾ ਕਉ ਹਰਿ ਪ੍ਰਭੁ ਨਦਰਿ ਕਰੇ ॥ ਤੇ ਨਿਰਮਲ ਪੁਰਖ ਅਪਰੰਪਰ ਪੂਰੇ ਤੇ ਜਗ ਮਹਿ ਗੁਰ ਗੋਵਿੰਦ ਹਰੇ ॥੧੧॥ ਹਰਿ ਸਿਮਰਹੁ ਗੁਰ ਬਚਨ ਸਮਾਰਹੁ ਸੰਗਤਿ ਹਰਿ ਜਨ ਭਾਉ ਕਰੇ ॥ ਹਰਿ ਜਨ ਗੁਰੁ ਪਰਧਾਨੁ ਦੁਆਰੈ ਨਾਨਕ ਤਿਨ ਜਨ ਕੀ ਰੇਣੁ ਹਰੇ ॥੧੨॥੮॥ {ਪੰਨਾ ੧੦੧੩-੧੦੧੪}

ਪਦ ਅਰਥ :—ਸੰਜੋਗਿ—ਸੰਜੋਗ ਦੀ ਰਾਹੀਂ, ਮੇਲ ਦੀ ਰਾਹੀਂ । ਰਕਤੁ—ਰੁੱਤ, ਲਹੂ । ਬਿੰਦੁ—ਵੀਰਜ । ਪਿੰਡੁ—ਸਰੀਰ । ਕਰੇ—ਬਣਾਂਦਾ ਹੈ । ਅੰਤਰਿ ਗਰਭ—ਮਾਂ ਦੇ ਪੇਟ ਵਿਚ । ਉਰਧਿ—ਉੂੰਧਾ, ਉਲਟਾ । ਸਾਰੇ—ਸੰਭਾਲ ਕਰਦਾ ਹੈ ।੧।

ਭਵਜਲੁ—ਸਮੁੰਦਰ । ਗੁਰਮੁਖਿ—ਗੁਰੂ ਦੀ ਰਾਹੀਂ, ਗੁਰੂ ਦੀ ਸਰਨ ਪੈ ਕੇ । ਨਿਰੰਜਨੁ—{ਨਿਰ-ਅੰਜਨੁ} ਜਿਸ ਉਤੇ ਮਾਇਆ ਦੀ ਕਾਲਖ ਅਸਰ ਨਹੀਂ ਕਰ ਸਕਦੀ । ਅਫਰਿਓ ਭਾਰੁ—ਆਫਰੇ ਹੋਏ ਦਾ ਭਾਰ, ਹੰਕਾਰੇ ਹੋਏ ਦਾ ਪਾਪਾਂ ਦਾ ਭਾਰ । ਅਫਾਰੁ—ਅਸਹਿ । ਟਰੈ—ਟਲ ਜਾਂਦਾ ਹੈ, ਦੂਰ ਹੋ ਜਾਂਦਾ ਹੈ ।੧।ਰਹਾਉ।

ਬਉਰਾ—ਕਮਲਾ, ਝੱਲਾ । ਹਰੇ—ਹੇ ਹਰੀ! ਸਭੈ ਸਿਰਿ—ਹਰੇਕ ਜੀਵ ਦੇ ਸਿਰ ਤੇ । ਅਹਿ—ਦਿਨ । ਨਿਸਿ—ਰਾਤ । ਸਮਾਰਿ—ਸੰਭਾਲ ਕਰ ਕੇ ।੨।

ਚਾਰਿ ਪਦਾਰਥ—{੧. ਧਰਮ—ਸ਼ੁਭ ਕਰਮ । ੨. ਅਰਥ—ਪਦਾਰਥ । ੩. ਕਾਮ—ਕਾਮਨਾ, ਇੱਛਿਆ । ੪. ਮੋਖ—ਮੁਕਤੀ} । ਲੈ—ਲੈ ਕੇ । ਜਗਿ—ਜਗਤ ਵਿਚ । ਸਿਵ ਸਕਤੀ ਘਰਿ—ਪਰਮਾਤਮਾ ਦੀ ਰਚੀ ਮਾਇਆ ਦੇ ਘਰ ਵਿਚ । ਭੂਖ—ਲਾਲਚ । ਮਗੁ—ਰਸਤਾ । ਜੋਹੈ—ਤੱਕਦਾ ਹੈ । ਮੋਹਿ—ਮਾਇਆ ਦੇ ਮੋਹ ਵਿਚ । ਖਰੇ—ਖੜਿਆ ਜਾਂਦਾ ਹੈ, ਗਵਾਚ ਜਾਂਦਾ ਹੈ ।੩।

ਕਰਣ ਪਲਾਹ—{ਕ{ਣਾਪ੍ਰਲਾਪ} ਤਰਸ ਪੈਦਾ ਕਰਨ ਵਾਲੇ ਵਿਰਲਾਪ, ਕੀਰਨੇ, ਤਰਲੇ । ਇਤ ਉਤ—ਇਧਰ ਉਧਰ, ਹਰ ਪਾਸੇ । ਕਾਮਿ—ਕਾਮ ਵਿਚ । ਵਿਆਪੇ—ਦਬਾਇਆ ਹੋਇਆ ।੪।

ਕਾਲੁ ਘਰੇ—ਕਾਲ ਦੇ ਘਰ ਵਿਚ । ਆਪੁ—ਆਪਣੇ ਆਪ ਨੂੰ । ਟਰੇ—ਟਾਲਦਾ ।੫।

ਛੀਨਿ ਖਰੇ—ਕਮਜ਼ੋਰ ਹੁੰਦਾ ਜਾਂਦਾ ਹੈ । ਸਹਸੈ ਸਹਸਾ—ਸਹਿਮ ਹੀ ਸਹਿਮ । ਮੁਖਿ—ਮੂੰਹ ਉਤੇ । ਧੂਰਿ—ਮਿੱਟੀ, ਸੁਆਹ, ਫਿਟਕਾਰ ।੬।

ਬਿਰਧਿ—ਬੁੱਢਾ । ਖਿਸਿਆ—ਖਿਸਕਿਆ, ਘਟ ਗਿਆ । ਕਫੁ—ਬਲਗ਼ਮ । ਕੰਠੁ—ਗਲਾ, ਸੰਘ । ਬਿਰੂਧੋ—ਰੁਕ ਗਿਆ । ਨੈਨਹੁ—ਅੱਖਾਂ ਤੋਂ । ਢਰੇ—ਢਲਦਾ ਹੈ, ਵਗਦਾ ਹੈ । ਕਰ—ਹੱਥ ।੭।

ਕਾਲੀ ਹੂ—ਕਾਲਿਆਂ (ਕੇਸਾਂ) ਤੋਂ । ਨ ਭਾਵੈ—ਚੰਗਾ ਨਹੀਂ ਲੱਗਦਾ । ਮਾਰਿ—ਮਾਰ ਕੇ । ਨਰਕਿ—ਨਰਕ ਵਿਚ । ਖਰੇ—ਲੈ ਜਾਂਦਾ ਹੈ ।੮।

ਕੋ—ਦਾ । ਕਾ ਕਉ—ਕਿਸ ਨੂੰ? ਬਾਦਿ—ਵਿਅਰਥ ।੯।

ਫੋਕਟ—ਫੋਕੇ । ਲੋਭਿ—ਲੋਭ ਵਿਚ (ਪੈ ਕੇ) । ਸਿਰਿ—ਸਿਰ ਉਤੇ । ਡੰਡੁ—ਡੰਡਾ ।੧੦।

ਜਾ ਕਉ—ਜਿਨ੍ਹਾਂ ਉਤੇ । ਤੇ—ਉਹ ਬੰਦੇ । ਨਿਰਮਲ—ਪਵਿਤ੍ਰ ।੧੧।

ਸਮਾਰਹੁ—ਯਾਦ ਰੱਖੋ । ਭਾਉ—ਪ੍ਰੇਮ । ਕਰੇ—ਕਰਿ, ਕਰ ਕੇ । ਰੇਣੁ—ਚਰਨ-ਧੂੜ ।੧੨।

ਅਰਥ :—(ਪਰਮਾਤਮਾ ਦੇ ਨਾਮ ਤੋਂ ਬਿਨਾ) ਸੰਸਾਰੀ ਜੀਵ ਸੰਸਾਰ-ਸਮੁੰਦਰ ਤੋਂ ਕਿਸੇ ਹਾਲਤ ਵਿਚ ਪਾਰ ਨਹੀਂ ਲੰਘ ਸਕਦਾ ਕਿਉਂਕਿ ਜੀਵ ਮਾਇਆ ਆਦਿਕ ਦੇ ਅਹੰਕਾਰ ਨਾਲ ਆਫਰਿਆ ਰਹਿੰਦਾ ਹੈ । ਪਰਮਾਤਮਾ ਦਾ ਨਾਮ, ਜਿਸ ਉਤੇ ਮਾਇਆ-ਕਾਲਖ ਦਾ ਪ੍ਰਭਾਵ ਨਹੀਂ ਪੈ ਸਕਦਾ, ਗੁਰੂ ਦੀ ਸਰਨ ਪਿਆਂ ਮਿਲਦਾ ਹੈ, (ਜਿਸ ਮਨੁੱਖ ਨੂੰ ਨਾਮ ਪ੍ਰਾਪਤ ਹੁੰਦਾ ਹੈ) ਉਸ ਦਾ (ਅਹੰਕਾਰ ਆਦਿਕ ਦਾ) ਅਸਹਿ ਭਾਰ ਦੂਰ ਹੋ ਜਾਂਦਾ ਹੈ (ਇਹ ਅਹੰਕਾਰ ਆਦਿਕ ਹੀ ਭਾਰ ਬਣ ਕੇ ਜੀਵ ਨੂੰ ਸੰਸਾਰ-ਸਮੁੰਦਰ ਵਿਚ ਡੋਬਿਆ ਕਰਦਾ ਹੈ) ।੧।ਰਹਾਉ।

ਮਾਂ ਤੇ ਪਿਉ ਦੇ (ਸਰੀਰਕ) ਸੰਜੋਗ ਦੀ ਰਾਹੀਂ ਪਰਮਾਤਮਾ ਜੀਵ ਪੈਦਾ ਕਰਦਾ ਹੈ, ਮਾਂ ਦਾ ਲਹੂ ਤੇ ਪਿਉ ਦਾ ਵੀਰਜ ਮਿਲਣ ਤੇ ਪਰਮਾਤਮਾ (ਜੀਵ ਦਾ) ਸਰੀਰ ਬਣਾਂਦਾ ਹੈ । ਮਾਂ ਦੇ ਪੇਟ ਵਿਚ ਉਲਟੇ ਪਏ ਹੋਏ ਦੀ ਲਗਨ ਪ੍ਰਭੂ-ਚਰਨਾਂ ਵਿਚ ਲੱਗੀ ਰਹਿੰਦੀ ਹੈ । ਉਹ ਪਰਮਾਤਮਾ ਇਸ ਦੀ ਹਰ ਤਰ੍ਹਾਂ ਸੰਭਾਲ ਕਰਦਾ ਹੈ (ਤੇ ਲੋੜ ਅਨੁਸਾਰ ਪਦਾਰਥ) ਦੇਂਦਾ ਹੈ ।੧।

ਹੇ ਹਰੀ! ਮੈਨੂੰ ਗੁਨਹਗਾਰ ਨੂੰ ਤੇਰੇ ਉਹ ਉਪਕਾਰ ਭੁੱਲ ਗਏ ਹਨ, ਮੈਂ (ਮਾਇਆ ਦੇ ਮੋਹ ਵਿਚ) ਝੱਲਾ ਹੋਇਆ ਪਿਆ ਹਾਂ (ਤੇਰਾ ਸਿਮਰਨ ਕਰਨ ਤੋਂ) ਬੇ-ਵੱਸ ਹਾਂ । ਪਰ ਤੂੰ ਦਇਆ ਦਾ ਸੋਮਾ ਹੈਂ, ਹਰੇਕ ਜੀਵ ਦੇ ਸਿਰ ਤੇ (ਰਾਖਾ) ਹੈਂ, ਤੇ ਸਭ ਨੂੰ ਦਾਤਾਂ ਦੇਂਦਾ ਹੈਂ ।

(ਹੇ ਭਾਈ!) ਦਇਆਲ ਪ੍ਰਭੂ ਦਿਨ ਰਾਤ (ਜੀਵਾਂ ਦੀ) ਸੰਭਾਲ ਕਰਦਾ ਹੈ ਤੇ ਦਾਤਾਂ ਦੇਂਦਾ ਹੈ ।੨।

(ਜੀਵ ਪਰਮਾਤਮਾ ਪਾਸੋਂ) ਚਾਰੇ ਹੀ ਪਦਾਰਥ ਲੈ ਕੇ ਜਗਤ ਵਿਚ ਜੰਮਿਆ ਹੈ (ਫਿਰ ਭੀ ਪ੍ਰਭੂ ਦੀ ਬਖ਼ਸ਼ਸ਼ ਭੁਲਾ ਕੇ ਸਦਾ) ਪਰਮਾਤਮਾ ਦੀ ਪੈਦਾ ਕੀਤੀ ਮਾਇਆ ਦੇ ਘਰ ਵਿਚ ਨਿਵਾਸ ਰੱਖਦਾ ਹੈ । ਸਦਾ ਇਸ ਨੂੰ ਮਾਇਆ ਦੀ ਭੁੱਖ ਹੀ ਚੰਬੜੀ ਰਹਿੰਦੀ ਹੈ, ਸਦਾ ਮਾਇਆ ਦਾ ਰਾਹ ਹੀ ਤੱਕਦਾ ਰਹਿੰਦਾ ਹੈ, ਮਾਇਆ ਦੇ ਮੋਹ ਵਿਚ (ਫਸ ਕੇ ਚੌਹਾਂ ਪਦਾਰਥਾਂ ਵਿਚੋਂ) ਮੁਕਤਿ-ਪਦਾਰਥ ਗਵਾ ਲੈਂਦਾ ਹੈ ।੩।

(ਸਾਰੀ ਉਮਰ ਜੀਵ ਮਾਇਆ ਦੀ ਖ਼ਾਤਰ ਹੀ) ਤਰਲੇ ਲੈਂਦਾ ਰਹਿੰਦਾ ਹੈ (ਮਨ ਦੀ ਤਸੱਲੀ ਜੋਗੀ ਮਾਇਆ) ਪ੍ਰਾਪਤ ਨਹੀਂ ਹੁੰਦੀ, ਹਰ ਪਾਸੇ ਮਾਇਆ ਦੀ ਢੂੰਢ-ਭਾਲ ਕਰਦਾ ਕਰਦਾ ਥੱਕ ਜਾਂਦਾ ਹੈ । ਕਾਮ ਵਿਚ, ਕ੍ਰੋਧ ਵਿਚ, ਅਹੰਕਾਰ ਵਿਚ ਨੱਪਿਆ ਹੋਇਆ ਜੀਵ ਸਦਾ ਨਾਸਵੰਤ ਪਦਾਰਥ ਨਾਲ ਹੀ ਪ੍ਰੀਤਿ ਕਰਦਾ ਹੈ, ਸਦਾ ਆਪਣੇ ਪਰਵਾਰ ਨਾਲ ਹੀ ਮੋਹ ਜੋੜੀ ਰੱਖਦਾ ਹੈ ।੪।

(ਦੁਨੀਆ ਦੇ ਚੰਗੇ ਚੰਗੇ ਪਦਾਰਥ) ਖਾਂਦਾ ਹੈ (ਵਿਸ਼ੇ) ਭੋਗਦਾ ਹੈ, (ਸੋਭਾ ਨਿੰਦਾ ਆਦਿਕ ਦੇ ਬਚਨ) ਮੁੜ ਮੁੜ ਸੁਣਦਾ ਹੈ, (ਦੁਨੀਆ ਦੇ ਰੰਗ ਤਮਾਸ਼ੇ) ਵੇਖਦਾ ਹੈ, (ਸੋਹਣੇ ਸੋਹਣੇ ਕੱਪੜੇ ਆਦਿਕ) ਪਹਿਨ ਕੇ (ਲੋਕਾਂ ਨੂੰ) ਵਿਖਾਂਦਾ ਹੈ—(ਬੱਸ! ਇਹਨਾਂ ਹੀ ਆਹਰਾਂ ਵਿਚ ਮਸਤ ਹੋ ਕੇ) ਆਤਮਕ ਮੌਤ ਦੇ ਘਰ ਵਿਚ ਟਿਕਿਆ ਰਹਿੰਦਾ ਹੈ (ਆਤਮਕ ਮੌਤ ਸਹੇੜੀ ਰੱਖਦਾ ਹੈ) । ਗੁਰੂ ਦੇ ਸ਼ਬਦ ਤੋਂ ਵਾਂਜਿਆ ਹੋਇਆ ਆਪਣੇ ਆਤਮਕ ਜੀਵਨ ਨੂੰ ਪਛਾਣ ਨਹੀਂ ਸਕਦਾ । ਪਰਮਾਤਮਾ ਦੇ ਨਾਮ ਤੋਂ ਖੁੰਝਿਆ ਹੋਣ ਕਰਕੇ ਆਤਮਕ ਮੌਤ (ਇਸ ਦੇ ਸਿਰ ਤੋਂ) ਨਹੀਂ ਟਲਦੀ ।੫।

ਜਿਤਨਾ ਹੀ ਮੋਹ ਤੇ ਹਉਮੈ ਕਰ ਕੇ ਜੀਵ ਸਹੀ ਜੀਵਨ-ਰਾਹ ਤੋਂ ਭੁੱਲਦਾ ਹੈ, ਜਿਤਨਾ ਹੀ ਵਧੀਕ 'ਮੇਰੀ (ਮਾਇਆ) ਮੇਰੀ (ਮਾਇਆ)' ਕਰਦਾ ਹੈ, ਉਤਨਾ ਹੀ ਇਹ ਹਉਮੈ ਮਮਤਾ ਇਸ ਦੇ ਆਤਮਕ ਜੀਵਨ ਨੂੰ ਖੋਹ ਕੇ ਲੈ ਜਾਂਦੇ ਹਨ । ਆਖ਼ਰ ਇਹ ਸਰੀਰ ਤੇ ਇਹ ਧਨ, (ਜਿਨ੍ਹਾਂ ਦੀ ਖ਼ਾਤਰ ਹਰ ਵੇਲੇ ਸਹਿਮ ਵਿਚ ਰਹਿੰਦਾ ਸੀ, ਨਾਸ ਹੋ ਜਾਂਦਾ ਹੈ । ਤਦੋਂ ਜੀਵ ਪਛੁਤਾਂਦਾ ਹੈ, (ਪਰ ਉਸ ਵੇਲੇ ਪਛੁਤਾਇਆਂ ਕੁਝ ਨਹੀਂ ਬਣਦਾ) ਇਸ ਦੇ ਮੂੰਹ ਉਤੇ ਫਿਟਕਾਰ ਹੀ ਪੈਂਦੀ ਹੈ ।੬।

ਮਨੁੱਖ ਬੁੱਢਾ ਹੋ ਜਾਂਦਾ ਹੈ, ਜਵਾਨੀ ਖਿਸਕ ਜਾਂਦੀ ਹੈ ਸਰੀਰ ਕਮਜ਼ੋਰ ਹੋ ਜਾਂਦਾ ਹੈ, ਸੰਘ ਬਲਗ਼ਮ ਨਾਲ ਰੁਕਿਆ ਰਹਿੰਦਾ ਹੈ, ਅੱਖਾਂ ਤੋਂ ਪਾਣੀ ਵਗਦਾ ਰਹਿੰਦਾ ਹੈ, ਪੈਰ (ਤੁਰਨੋਂ) ਰਹਿ ਜਾਂਦੇ ਹਨ, ਹੱਥ ਕੰਬਣ ਲੱਗ ਪੈਂਦੇ ਹਨ, (ਫਿਰ ਭੀ) ਮਾਇਆ-ਵੇੜ੍ਹੇ ਜੀਵ ਦੇ ਹਿਰਦੇ ਵਿਚ ਹਰੀ ਪਰਮਾਤਮਾ (ਦਾ ਨਾਮ) ਨਹੀਂ (ਵੱਸਦਾ) ।੭।

(ਬੁੱਢਾ ਹੋ ਜਾਣ ਤੇ) ਅਕਲ ਟਿਕਾਣੇ ਨਹੀਂ ਰਹਿੰਦੀ, ਕੇਸ ਕਾਲੇ ਤੋਂ ਚਿੱਟੇ ਹੋ ਜਾਂਦੇ ਹਨ, ਘਰ ਵਿਚ ਰੱਖਿਆ ਹੋਇਆ ਕਿਸੇ ਨੂੰ ਚੰਗਾ ਨਹੀਂ ਲੱਗਦਾ (ਫਿਰ ਭੀ ਪਰਮਾਤਮਾ ਦੇ ਨਾਮ ਨੂੰ ਭੁਲਾਈ ਰੱਖਦਾ ਹੈ) ਪਰਮਾਤਮਾ ਦਾ ਨਾਮ ਵਿਸਾਰੀ ਰੱਖਣ ਤੇ ਅਜੇਹੇ ਭੈੜ ਇਸ ਨੂੰ ਚੰਬੜੇ ਰਹਿੰਦੇ ਹਨ ਜਿਨ੍ਹਾਂ ਕਰ ਕੇ ਜਮਰਾਜ ਇਸ ਨੂੰ ਮਾਰ ਕੇ ਨਰਕ ਵਿਚ ਲੈ ਜਾਂਦਾ ਹੈ ।੮।

(ਪਰ ਜੀਵ ਦੇ ਭੀ ਵੱਸ ਦੀ ਗੱਲ ਨਹੀਂ) ਪੂਰਬਲੇ ਜਨਮਾਂ ਦੇ ਕੀਤੇ ਕਰਮਾਂ ਦੇ ਸੰਸਕਾਰਾਂ ਦਾ ਲੇਖਾ ਮਿਟਦਾ ਨਹੀਂ (ਜਿਤਨਾ ਚਿਰ ਉਹ ਲੇਖਾ ਮੌਜੂਦ ਹੈ, ਉਹਨਾਂ ਦੇ ਪ੍ਰਭਾਵ ਹੇਠ ਕੁਕਰਮ ਕਰ ਕਰ ਕੇ) ਜਨਮ ਮਰਨ ਦੇ ਗੇੜ ਵਿਚ ਪਿਆ ਰਹਿੰਦਾ ਹੈ । ਜੀਵ ਵਿਚਾਰਾ ਹੋਰ ਕਿਸ ਨੂੰ ਦੋਸ ਦੇਵੇ? (ਅਸਲ ਗੱਲ ਇਹ ਹੈ ਕਿ) ਗੁਰੂ ਦੀ ਸਰਨ ਤੋਂ ਬਿਨਾ ਜ਼ਿੰਦਗੀ ਵਿਅਰਥ ਜਾਂਦੀ ਹੈ (ਵਿਕਾਰਾਂ ਵਿਚ ਪੈ ਕੇ ਮਨੁੱਖ) ਹੋਰ ਆਤਮਕ ਮੌਤ ਹੋਰ ਆਤਮਕ ਮੌਤ ਸਹੇੜਦਾ ਜਾਂਦਾ ਹੈ । ਗੁਰੂ ਦੇ ਸ਼ਬਦ ਤੋਂ ਖੁੰਝਣ ਕਰਕੇ ਜ਼ਿੰਦਗੀ (ਵਿਕਾਰਾਂ ਵਿਚ) ਸੜ ਜਾਂਦੀ ਹੈ ।੯।

ਜੀਵ ਦੁਨੀਆ ਦੀਆਂ ਖ਼ੁਸ਼ੀਆਂ ਮਾਨਣ ਵਿਚ, ਰਸ ਭੋਗਣ ਵਿਚ, ਤੇ ਹੋਰ ਫੋਕੇ ਤੇ ਮੰਦੇ ਕਰਮ ਕਰਨ ਵਿਚ ਪੈ ਕੇ ਖ਼ੁਆਰ ਹੁੰਦਾ ਹੈ । ਪਰਮਾਤਮਾ ਦਾ ਨਾਮ ਭੁਲਾ ਕੇ, ਲੋਭ ਵਿਚ ਫਸ ਕੇ ਮੂਲ ਭੀ ਗਵਾ ਲੈਂਦਾ ਹੈ, ਆਖ਼ਰ ਇਸ ਦੇ ਸਿਰ ਉਤੇ ਧਰਮਰਾਜ ਦਾ ਡੰਡਾ ਪੈਂਦਾ ਹੈ ।੧੦।

ਗੁਰੂ ਦੀ ਸਰਨ ਪੈਣ ਵਾਲੇ ਮਨੁੱਖ ਪਰਮਾਤਮਾ ਦੇ ਨਾਮ ਦੇ ਗੁਣ ਗਾਂਦੇ ਹਨ । ਜਿਨ੍ਹਾਂ ਉਤੇ ਹਰੀ-ਪ੍ਰਭੂ ਮੇਹਰ ਦੀ ਨਿਗਾਹ ਕਰਦਾ ਹੈ ਉਹ ਜਗਤ ਵਿਚ ਹਰੀ ਗੋਬਿੰਦ ਬੇਅੰਤ ਪੂਰਨ ਸਰਬ-ਵਿਆਪਕ ਨੂੰ ਸਿਮਰ ਕੇ ਪਵਿਤ੍ਰ ਜੀਵਨ ਵਾਲੇ ਹੋ ਜਾਂਦੇ ਹਨ ।੧੧।

ਹੇ ਭਾਈ! ਸੰਤ ਜਨਾਂ ਦੀ ਸੰਗਤਿ ਵਿਚ ਪ੍ਰੇਮ ਜੋੜ ਕੇ ਪਰਮਾਤਮਾ ਦਾ ਨਾਮ ਸਿਮਰੋ, ਗੁਰੂ ਦੇ ਬਚਨ (ਹਿਰਦੇ ਵਿਚ) ਸੰਭਾਲ ਰੱਖੋ । ਪਰਮਾਤਮਾ ਦੇ ਦਰ ਤੇ ਗੁਰੂ (ਦਾ ਬਚਨ) ਹੀ ਆਦਰ ਪਾਂਦਾ ਹੈ, ਸੰਤ ਜਨਾਂ ਦੀ ਸੰਗਤਿ ਹੀ ਕਬੂਲ ਪੈਂਦੀ ਹੈ ।

ਹੇ ਨਾਨਕ! (ਅਰਦਾਸ ਕਰ—) ਹੇ ਹਰੀ! (ਮੈਨੂੰ) ਉਹਨਾਂ ਸੰਤ ਜਨਾਂ ਦੇ ਚਰਨਾਂ ਦੀ ਧੂੜ (ਦੇਹ) ।੧੨।੮।

ੴ ਸਤਿਗੁਰ ਪ੍ਰਸਾਦਿ ॥ ਮਾਰੂ ਕਾਫੀ ਮਹਲਾ ੧ ਘਰੁ ੨ ॥ ਆਵਉ ਵੰਞਉ ਡੁੰਮਣੀ ਕਿਤੀ ਮਿਤ੍ਰ ਕਰੇਉ ॥ ਸਾਧਨ ਢੋਈ ਨ ਲਹੈ ਵਾਢੀ ਕਿਉ ਧੀਰੇਉ ॥੧॥ ਮੈਡਾ ਮਨੁ ਰਤਾ ਆਪਨੜੇ ਪਿਰ ਨਾਲਿ ॥ ਹਉ ਘੋਲਿ ਘੁਮਾਈ ਖੰਨੀਐ ਕੀਤੀ ਹਿਕ ਭੋਰੀ ਨਦਰਿ ਨਿਹਾਲਿ ॥੧॥ ਰਹਾਉ ॥ ਪੇਈਅੜੈ ਡੋਹਾਗਣੀ ਸਾਹੁਰੜੈ ਕਿਉ ਜਾਉ ॥ ਮੈ ਗਲਿ ਅਉਗਣ ਮੁਠੜੀ ਬਿਨੁ ਪਿਰ ਝੂਰਿ ਮਰਾਉ ॥੨॥ ਪੇਈਅੜੈ ਪਿਰੁ ਸੰਮਲਾ ਸਾਹੁਰੜੈ ਘਰਿ ਵਾਸੁ ॥ ਸੁਖਿ ਸਵੰਧਿ ਸੋਹਾਗਣੀ ਪਿਰੁ ਪਾਇਆ ਗੁਣਤਾਸੁ ॥੩॥ ਲੇਫੁ ਨਿਹਾਲੀ ਪਟ ਕੀ ਕਾਪੜੁ ਅੰਗਿ ਬਣਾਇ ॥ ਪਿਰੁ ਮੁਤੀ ਡੋਹਾਗਣੀ ਤਿਨ ਡੁਖੀ ਰੈਣਿ ਵਿਹਾਇ ॥੪॥ ਕਿਤੀ ਚਖਉ ਸਾਡੜੇ ਕਿਤੀ ਵੇਸ ਕਰੇਉ ॥ ਪਿਰ ਬਿਨੁ ਜੋਬਨੁ ਬਾਦਿ ਗਇਅਮੁ ਵਾਢੀ ਝੂਰੇਦੀ ਝੂਰੇਉ ॥੫॥ ਸਚੇ ਸੰਦਾ ਸਦੜਾ ਸੁਣੀਐ ਗੁਰ ਵੀਚਾਰਿ ॥ ਸਚੇ ਸਚਾ ਬੈਹਣਾ ਨਦਰੀ ਨਦਰਿ ਪਿਆਰਿ ॥੬॥ ਗਿਆਨੀ ਅੰਜਨੁ ਸਚ ਕਾ ਡੇਖੈ ਡੇਖਣਹਾਰੁ ॥ ਗੁਰਮੁਖਿ ਬੂਝੈ ਜਾਣੀਐ ਹਉਮੈ ਗਰਬੁ ਨਿਵਾਰਿ ॥੭॥ ਤਉ ਭਾਵਨਿ ਤਉ ਜੇਹੀਆ ਮੂ ਜੇਹੀਆ ਕਿਤੀਆਹ ॥ ਨਾਨਕ ਨਾਹੁ ਨ ਵੀਛੁੜੈ ਤਿਨ ਸਚੈ ਰਤੜੀਆਹ ॥੮॥੧॥੯॥ {ਪੰਨਾ ੧੦੧੪-੧੦੧੫}

ਨੋਟ :—ਇਹ ਅਸ਼ਟਪਦੀ ਰਾਗ ਮਾਰੂ ਅਤੇ ਰਾਗ ਕਾਫ਼ੀ ਨੂੰ ਰਲਾ ਕੇ ਗਾਵਣੀ ਹੈ ।

ਪਦ ਅਰਥ :—ਆਵਉ—ਮੈਂ ਆਉਂਦੀ ਹਾਂ । ਵੰਞਉ—ਮੈਂ ਜਾਂਦੀ ਹਾਂ । ਡੁੰਮਣੀ—ਦੁ-ਮਨੀ, ਦੁ-ਚਿੱਤੀ ਹੋ ਕੇ) । ਕਿਤੀ—ਕਿਤਨੇ ਹੀ । ਕਰੇਉ—ਮੈਂ ਬਣਾਂਦੀ ਹਾਂ । ਸਾਧਨ—ਜੀਵ-ਇਸਤ੍ਰੀ । ਢੋਈ—ਆਸਰਾ । ਨ ਲਹੈ—ਨਹੀਂ ਲੈ ਸਕਦੀ । ਵਾਢੀ—ਪਰਦੇਸਣ, ਵਿਛੁੜੀ ਹੋਈ । ਕਿਉ ਧੀਰੇਉ—ਮੈਂ ਕਿਵੇਂ ਧੀਰਜ ਹਾਸਲ ਕਰ ਸਕਦੀ ਹਾਂ? ।੧।

ਮੈਡਾ—ਮੇਰਾ । ਰਤਾ—ਰੰਗਿਆ ਹੋਇਆ ਹੈ । ਪਿਰ—ਪਤੀ । ਹਉ—ਮੈਂ । ਘੋਲਿ ਘੁਮਾਈ—ਵਾਰਨੇ ਜਾਂਦੀ ਹਾਂ । ਖੰਨੀਐ ਕੀਤੀ—ਟੋਟੇ ਟੋਟੇ ਹੁੰਦੀ ਹਾਂ । ਹਿਕ—ਇਕ । ਭੋਰੀ—ਰਤਾ ਕੁ ਸਮਾ । ਨਦਰਿ—ਮੇਹਰ ਦੀ ਨਿਗਾਹ ਨਾਲ । ਨਿਹਾਲਿ—(ਮੇਰੇ ਵਲ) ਵੇਖ ।੧।ਰਹਾਉ।

ਪੇਈਅੜੈ—ਪੇਕੇ ਘਰ ਵਿਚ, ਇਸ ਜਨਮ ਵਿਚ । ਡੋਹਾਗਣੀ—ਦੁਹਾਗਣ, ਮੰਦੇ ਭਾਗਾਂ ਵਾਲੀ, ਵਿਛੁੜੀ ਹੋਈ । ਸਾਹੁਰੜੈ—ਸਾਹੁਰੇ ਘਰ ਵਿਚ, ਪਰਮਾਤਮਾ ਦੇ ਦੇਸ ਵਿਚ, ਪ੍ਰਭੂ ਦੇ ਚਰਨਾਂ ਵਿਚ । ਕਿਉ ਜਾਉ—ਮੈਂ ਕਿਵੇਂ ਪਹੁੰਚ ਸਕਦੀ ਹਾਂ? ਗਲਿ—ਗਲ ਵਿਚ, ਗਲ ਤਕ । ਮੁਠੜੀ—ਮੈਂ ਠੱਗੀ ਗਈ ਹਾਂ । ਝੂਰਿ ਮਰਾਉ—ਝੂਰ ਝੂਰ ਕੇ ਮਰਦੀ ਹਾਂ, ਦੁਖੀ ਹੁੰਦੀ ਹਾਂ ਤੇ ਆਤਮਕ ਮੌਤ ਸਹੇੜਦੀ ਹਾਂ ।੨।

ਸੰਮਲਾ—(ਜੇ) ਮੈਂ (ਹਿਰਦੇ ਵਿਚ) ਸੰਭਾਲ ਲਵਾਂ । ਘਰਿ—ਪਤੀ-ਪ੍ਰਭੂ ਦੇ ਘਰ ਵਿਚ । ਸੁਖਿ—ਸੁਖ ਨਾਲ । ਸਵੰਧਿ—ਸੌਂਦੀਆਂ ਹਨ, ਸ਼ਾਂਤ-ਚਿੱਤ ਰਹਿੰਦੀਆਂ ਹਨ । ਸੋਹਾਗਣੀ—ਚੰਗੇ ਭਾਗਾਂ ਵਾਲੀਆਂ । ਗੁਣਤਾਸੁ—ਗੁਣਾਂ ਦਾ ਖ਼ਜ਼ਾਨਾ ਪ੍ਰਭੂ ।੩।

ਨਿਹਾਲੀ—ਤੁਲਾਈ । ਕਾਪੜੁ—(ਪੱਟ ਦਾ ਹੀ) ਕੱਪੜਾ । ਅੰਗਿ—ਸਰੀਰ ਉਤੇ (ਪਹਿਨਦੀਆਂ ਹਨ) । ਮੁਤੀ—ਮੁਤੀਆ, ਛੱਡੀਆਂ ਹੋਈਆਂ, ਛੁੱਟੜ । ਡੁਖੀ—ਦੁੱਖਾਂ ਵਿਚ । ਰੈਣਿ—(ਜ਼ਿੰਦਗੀ ਦੀ) ਰਾਤ । ਵਿਹਾਇ—ਬੀਤਦੀ ਹੈ ।੪।

ਕਿਤੀ—ਕਿਤਨੇ ਹੀ । ਚਖਉ—ਮੈਂ ਚੱਖਾਂ । ਸਾਡੜੇ—ਸੁਆਦਲੇ ਪਦਾਰਥ । ਵੇਸ—ਪਹਿਰਾਵੇ । ਕਰੇਉ—ਮੈਂ ਕਰਾਂ । ਜੋਬਨੁ—ਜਵਾਨੀ । ਬਾਦਿ—ਵਿਅਰਥ । ਗਇਅਮੁ—ਮੇਰਾ (ਜੋਬਨੁ) ਗਿਆ । ਵਾਢੀ—ਛੁੱਟੜ ।੫।

ਸੰਦਾ—ਦਾ । ਸਚੇ ਸੰਦਾ—ਸਦਾ-ਥਿਰ ਪਤੀ-ਪ੍ਰਭੂ ਦਾ । ਸਦੜਾ—ਪਿਆਰ-ਭਰਿਆ ਸੁਨੇਹਾ । ਗੁਰ ਵੀਚਾਰਿ—ਗੁਰੂ ਦੀ ਬਾਣੀ ਦੀ ਵਿਚਾਰ ਦੀ ਰਾਹੀਂ । ਬੈਹਣਾ—ਸੰਗਤਿ, ਸੰਗ । ਸਚੇ ਸਚਾ ਬੈਹਣਾ—ਸਦਾ-ਥਿਰ ਪ੍ਰਭੂ ਦਾ ਸਦਾ-ਥਿਰ ਸਾਥ । ਨਦਰੀ ਨਦਰਿ—ਮੇਹਰ ਦੀ ਨਜ਼ਰ ਕਰਨ ਵਾਲੇ ਦੀ ਨਿਗਾਹ ਨਾਲ । ਪਿਆਰਿ—ਪਿਆਰ ਵਿਚ ।੬।

ਗਿਆਨੀ—ਪਰਮਾਤਮਾ ਨਾਲ ਸਾਂਝ ਪਾਣ ਵਾਲਾ ਬੰਦਾ । ਅੰਜਨੁ—ਸੁਰਮਾ । ਸਚ ਕਾ—ਸਦਾ-ਥਿਰ ਪ੍ਰਭੂ ਦੇ ਨਾਮ ਦਾ । ਡੇਖਣਹਾਰੁ—ਉਹ ਪਰਮਾਤਮਾ ਜੋ ਸਭ ਜੀਵਾਂ ਦੀ ਸੰਭਾਲ ਕਰਨ ਦੇ ਸਮਰੱਥ ਹੈ । ਗੁਰਮੁਖਿ—ਗੁਰੂ ਦੀ ਸਰਨ ਪੈ ਕੇ । ਬੂਝੈ—ਸਮਝਦਾ ਹੈ । ਜਾਣੀਐ—ਆਦਰ ਪਾਂਦਾ ਹੈ । ਗਰਬੁ—ਅਹੰਕਾਰ । ਨਿਵਾਰਿ—ਦੂਰ ਕਰ ਕੇ ।੭।

ਤਉ—ਤੈਨੂੰ । ਭਾਵਨਿ—ਜੋ ਪਸੰਦ ਆ ਜਾਂਦੀਆਂ ਹਨ । ਜੇਹੀਆ—ਵਰਗੀਆਂ । ਮੂ ਜੇਹੀਆ—ਮੇਰੇ ਵਰਗੀਆਂ । ਕਿਤੀਆਹ—ਅਨੇਕਾਂ ਹੀ । ਨਾਹੁ—ਨਾਥ, ਖਸਮ-ਪ੍ਰਭੂ । ਤਿਨ—ਉਹਨਾਂ ਤੋਂ । ਸਚੈ—ਸਦਾ-ਥਿਰ ਪ੍ਰਭੂ ਵਿਚ ।੮।

ਅਰਥ :—(ਹੇ ਪ੍ਰੀਤਮ ਪ੍ਰਭੂ!) ਮੈਂ ਤੈਥੋਂ ਵਾਰਨੇ ਜਾਂਦੀ ਹਾਂ, ਕੁਰਬਾਨ ਜਾਂਦੀ ਹਾਂ । ਰਤਾ ਭਰ ਸਮਾ ਹੀ (ਮੇਰੇ ਵਲ) ਮੇਹਰ ਦੀ ਨਜ਼ਰ ਨਾਲ ਵੇਖ, ਤਾ ਕਿ ਮੇਰਾ ਮਨ (ਤੈਂ) ਆਪਣੇ ਪਿਆਰੇ ਪਤੀ ਨਾਲ ਰੰਗਿਆ ਜਾਏ ।੧।ਰਹਾਉ।

(ਹੇ ਪ੍ਰੀਤਮ ਪ੍ਰਭੂ! ਤੈਥੋਂ ਵਿਛੁੜ ਕੇ) ਮੈਂ ਡੱਡੋਲਿਕੀ ਹੋਈ ਹੋਈ (ਜਨਮਾਂ ਦੇ ਗੇੜ ਵਿਚ) ਭਟਕਦੀ ਫਿਰਦੀ ਹਾਂ (ਦਿਲ ਦੇ ਧਰਵਾਸ ਲਈ) ਮੈਂ ਅਨੇਕਾਂ ਹੋਰ ਮਿੱਤਰ ਬਣਾਂਦੀ ਹਾਂ, ਪਰ ਜਦ ਤਕ ਤੈਥੋਂ ਵਿਛੁੜੀ ਹੋਈ ਹਾਂ, ਮੈਨੂੰ ਧਰਵਾਸ ਕਿਵੇਂ ਆਵੇ? (ਤੈਥੋਂ ਵਿਛੁੜੀ) ਜੀਵ-ਇਸਤ੍ਰੀ (ਕਿਸੇ ਹੋਰ ਥਾਂ) ਆਸਰਾ ਲੱਭ ਹੀ ਨਹੀਂ ਸਕਦੀ ।੧।

(ਇਸ ਸੰਸਾਰ) ਪੇਕੇ ਘਰ ਵਿਚ ਮੈਂ (ਸਾਰੀ ਉਮਰ) ਪ੍ਰਭੂ-ਪਤੀ ਤੋਂ ਵਿਛੁੜੀ ਰਹੀ ਹਾਂ, ਮੈਂ ਪਤੀ-ਪ੍ਰਭੂ ਦੇ ਦੇਸ ਕਿਵੇਂ ਪਹੁੰਚ ਸਕਦੀ ਹਾਂ? (ਪ੍ਰਭੂ ਤੋਂ ਵਿਛੋੜੇ ਦੇ ਕਾਰਨ) ਔਗੁਣ ਮੇਰੇ ਗਲ ਗਲ ਤਕ ਪਹੁੰਚ ਗਏ ਹਨ, (ਸਾਰੀ ਉਮਰ) ਮੈਨੂੰ ਔਗੁਣਾਂ ਨੇ ਠੱਗੀ ਰੱਖਿਆ ਹੈ । ਪਤੀ-ਪ੍ਰਭੂ ਦੇ ਮਿਲਾਪ ਤੋਂ ਵਾਂਜੀ ਰਹਿ ਕੇ ਮੈਂ ਅੰਦਰੇ ਅੰਦਰ ਦੁਖੀ ਭੀ ਹੋ ਰਹੀ ਹਾਂ, ਤੇ ਆਤਮਕ ਮੌਤ ਭੀ ਮੈਂ ਸਹੇੜ ਲਈ ਹੈ ।੨।

ਜੇ ਮੈਂ (ਇਸ ਸੰਸਾਰ) ਪੇਕੇ ਘਰ ਵਿਚ ਪਤੀ-ਪ੍ਰਭੂ ਨੂੰ (ਆਪਣੇ ਹਿਰਦੇ ਵਿਚ) ਸੰਭਾਲ ਰੱਖਾਂ ਤਾਂ ਪਤੀ-ਪ੍ਰਭੂ ਦੇ ਦੇਸ ਮੈਨੂੰ ਉਸ ਦੇ ਚਰਨਾਂ ਵਿਚ ਥਾਂ ਮਿਲ ਜਾਏ । ਉਹ ਭਾਗਾਂ ਵਾਲੀਆਂ (ਜੀਵਨ-ਰਾਤ) ਸੁਖ ਨਾਲ ਸੌਂ ਕੇ ਗੁਜ਼ਾਰਦੀਆਂ ਹਨ ਜਿਨ੍ਹਾਂ ਨੇ (ਪੇਕੇ ਘਰ ਵਿਚ) ਗੁਣਾਂ ਦਾ ਖ਼ਜ਼ਾਨਾ ਪਤੀ-ਪ੍ਰਭੂ ਲੱਭ ਲਿਆ ਹੈ ।੩।

ਜਿਨ੍ਹਾਂ ਮੰਦ-ਭਾਗਣਾਂ ਨੇ ਪਤੀ ਨੂੰ ਭੁਲਾ ਦਿੱਤਾ ਤੇ ਜੋ ਛੁੱਟੜ ਹੋ ਗਈਆਂ, ਉਹ ਜੇ ਰੇਸ਼ਮ ਦਾ ਲੇਫ ਲੈਣ ਰੇਸ਼ਮ ਦੀ ਤੁਲਾਈ ਲੈਣ, ਹੋਰ ਕੱਪੜਾ ਭੀ ਰੇਸ਼ਮ ਦਾ ਹੀ ਬਣਾ ਕੇ ਸਰੀਰ ਉਤੇ ਵਰਤਣ, ਤਾਂ ਭੀ ਉਹਨਾਂ ਦੀ ਜੀਵਨ-ਰਾਤ ਦੁੱਖਾਂ ਵਿਚ ਹੀ ਬੀਤਦੀ ਹੈ ।੪।

ਜੇ ਮੈਂ ਅਨੇਕਾਂ ਹੀ ਸੁਆਦਲੇ ਖਾਣੇ ਖਾਂਦੀ ਰਹਾਂ, ਅਨੇਕਾਂ ਹੀ ਸੋਹਣੇ ਪਹਿਰਾਵੇ ਕਰਦੀ ਰਹਾਂ, ਫਿਰ ਭੀ ਪਤੀ-ਪ੍ਰਭੂ ਤੋਂ ਵਿਛੁੜ ਕੇ ਮੇਰੀ ਜਵਾਨੀ ਵਿਅਰਥ ਹੀ ਜਾ ਰਹੀ ਹੈ । ਜਦ ਤਕ ਮੈਂ ਛੁੱਟੜ ਹਾਂ, ਮੈਂ (ਸਾਰੀ ਉਮਰ) ਝੁਰ ਝੁਰ ਕੇ ਹੀ ਦਿਨ ਕੱਟਾਂਗੀ ।੫।

ਜੇ ਸਦਾ-ਥਿਰ ਪ੍ਰਭੂ ਦਾ ਪਿਆਰ-ਸੁਨੇਹਾ ਸਤਿਗੁਰੂ ਦੀ ਬਾਣੀ ਦੀ ਵਿਚਾਰ ਦੀ ਰਾਹੀਂ ਸੁਣੀਏ, ਤਾਂ ਉਸ ਸਦਾ-ਥਿਰ ਪਤੀ-ਪ੍ਰਭੂ ਦਾ ਸਦਾ ਲਈ ਸਾਥ ਮਿਲ ਜਾਂਦਾ ਹੈ, ਉਹ ਮੇਹਰ ਦੀ ਨਜ਼ਰ ਵਾਲਾ ਪ੍ਰਭੂ ਮੇਹਰ ਦੀ ਨਜ਼ਰ ਨਾਲ ਤੱਕਦਾ ਹੈ, ਤੇ ਉਸ ਦੇ ਪਿਆਰ ਵਿਚ ਲੀਨ ਹੋ ਜਾਦੀਦਾ ਹੈ ।੬।

ਪਰਮਾਤਮਾ ਨਾਲ ਜਾਣ-ਪਛਾਣ ਪਾਣ ਵਾਲਾ ਸਦਾ-ਥਿਰ ਪ੍ਰਭੂ ਦੇ ਨਾਮ ਦਾ ਸੁਰਮਾ ਵਰਤਦਾ ਹੈ, ਤੇ ਉਹ ਪ੍ਰਭੂ ਦਾ ਦੀਦਾਰ ਕਰ ਲੈਂਦਾ ਹੈ ਜੋ ਸਭ ਜੀਵਾਂ ਦੀ ਸੰਭਾਲ ਕਰਨ ਦੇ ਸਮਰੱਥ ਹੈ । ਜੇਹੜਾ ਮਨੁੱਖ ਗੁਰੂ ਦੀ ਸਰਨ ਪੈ ਕੇ (ਇਸ ਭੇਤ ਨੂੰ) ਸਮਝ ਲੈਂਦਾ ਹੈ ਉਹ ਹਉਮੈ ਅਹੰਕਾਰ ਦੂਰ ਕਰ ਕੇ (ਉਸ ਦੀ ਹਜ਼ੂਰੀ ਵਿਚ) ਆਦਰ ਪਾਂਦਾ ਹੈ ।੭।

ਹੇ ਪਤੀ-ਪ੍ਰਭੂ! ਜੇਹੜੀਆਂ ਜੀਵ-ਇਸਤ੍ਰੀਆਂ ਤੈਨੂੰ ਚੰਗੀਆਂ ਲੱਗਦੀਆਂ ਹਨ, ਉਹ ਤੇਰੇ ਵਰਗੀਆਂ ਹੋ ਜਾਂਦੀਆਂ ਹਨ, (ਪਰ ਤੇਰੀ ਮੇਹਰ ਦੀ ਨਿਗਾਹ ਤੋਂ ਵਾਂਜੀਆਂ ਹੋਈਆਂ) ਮੇਰੇ ਵਰਗੀਆਂ ਭੀ ਅਨੇਕਾਂ ਹੀ ਹਨ ।

ਹੇ ਨਾਨਕ! ਜੇਹੜੀਆਂ ਜੀਵ-ਇਸਤ੍ਰੀਆਂ ਸਦਾ-ਥਿਰ ਪ੍ਰਭੂ ਦੇ ਪਿਆਰ ਵਿਚ ਰੰਗੀਆਂ ਰਹਿੰਦੀਆਂ ਹਨ, ਉਹਨਾਂ (ਦੇ ਹਿਰਦੇ) ਤੋਂ ਪਤੀ-ਪ੍ਰਭੂ ਕਦੇ ਨਹੀਂ ਵਿਛੁੜਦਾ ।੮।੧।੯।

ਨੋਟ :—ਪਹਿਲੀਆਂ ੮ ਅਸ਼ਟਪਦੀਆਂ 'ਘਰੁ ੧' ਦੀਆਂ ਸਨ । ਇਥੋਂ 'ਘਰੁ ੨' ਦੀਆਂ ਸ਼ੁਰੂ ਹੁੰਦੀਆਂ ਹਨ । 'ਘਰੁ ੨' ਦੀ ਇਹ ਪਹਿਲੀ ਅਸ਼ਟਪਦੀ ਹੈ । ਕੁੱਲ ਜੋੜ ੯ ਹੈ । ਵੇਖੋ ਅਖ਼ੀਰਲੇ ਅੰਕ ।੧।੯।

ਮਾਰੂ ਮਹਲਾ ੧ ॥ ਨਾ ਭੈਣਾ ਭਰਜਾਈਆ ਨਾ ਸੇ ਸਸੁੜੀਆਹ ॥ ਸਚਾ ਸਾਕੁ ਨ ਤੁਟਈ ਗੁਰੁ ਮੇਲੇ ਸਹੀਆਹ ॥੧॥ ਬਲਿਹਾਰੀ ਗੁਰ ਆਪਣੇ ਸਦ ਬਲਿਹਾਰੈ ਜਾਉ ॥ ਗੁਰ ਬਿਨੁ ਏਤਾ ਭਵਿ ਥਕੀ ਗੁਰਿ ਪਿਰੁ ਮੇਲਿਮੁ ਦਿਤਮੁ ਮਿਲਾਇ ॥੧॥ ਰਹਾਉ ॥ ਫੁਫੀ ਨਾਨੀ ਮਾਸੀਆ ਦੇਰ ਜੇਠਾਨੜੀਆਹ ॥ ਆਵਨਿ ਵੰਞਨਿ ਨਾ ਰਹਨਿ ਪੂਰ ਭਰੇ ਪਹੀਆਹ ॥੨॥ ਮਾਮੇ ਤੈ ਮਾਮਾਣੀਆ ਭਾਇਰ ਬਾਪ ਨ ਮਾਉ ॥ ਸਾਥ ਲਡੇ ਤਿਨ ਨਾਠੀਆ ਭੀੜ ਘਣੀ ਦਰੀਆਉ ॥੩॥ ਸਾਚਉ ਰੰਗਿ ਰੰਗਾਵਲੋ ਸਖੀ ਹਮਾਰੋ ਕੰਤੁ ॥ ਸਚਿ ਵਿਛੋੜਾ ਨਾ ਥੀਐ ਸੋ ਸਹੁ ਰੰਗਿ ਰਵੰਤੁ ॥੪॥ ਸਭੇ ਰੁਤੀ ਚੰਗੀਆ ਜਿਤੁ ਸਚੇ ਸਿਉ ਨੇਹੁ ॥ ਸਾਧਨ ਕੰਤੁ ਪਛਾਣਿਆ ਸੁਖਿ ਸੁਤੀ ਨਿਸਿ ਡੇਹੁ ॥੫॥ ਪਤਣਿ ਕੂਕੇ ਪਾਤਣੀ ਵੰਞਹੁ ਧ੍ਰੁਕਿ ਵਿਲਾੜਿ ॥ ਪਾਰਿ ਪਵੰਦੜੇ ਡਿਠੁ ਮੈ ਸਤਿਗੁਰ ਬੋਹਿਥਿ ਚਾੜਿ ॥੬॥ ਹਿਕਨੀ ਲਦਿਆ ਹਿਕਿ ਲਦਿ ਗਏ ਹਿਕਿ ਭਾਰੇ ਭਰ ਨਾਲਿ ॥ ਜਿਨੀ ਸਚੁ ਵਣੰਜਿਆ ਸੇ ਸਚੇ ਪ੍ਰਭ ਨਾਲਿ ॥੭॥ ਨਾ ਹਮ ਚੰਗੇ ਆਖੀਅਹ ਬੁਰਾ ਨ ਦਿਸੈ ਕੋਇ ॥ ਨਾਨਕ ਹਉਮੈ ਮਾਰੀਐ ਸਚੇ ਜੇਹੜਾ ਸੋਇ ॥੮॥੨॥੧੦॥ {ਪੰਨਾ ੧੦੧੫}

ਪਦ ਅਰਥ :—ਸਸੁੜੀਆਹ—ਪਿਆਰੀਆਂ ਸੱਸਾਂ । ਸੇ—ਉਹ । ਸਚਾ—ਸਦਾ-ਥਿਰ ਰਹਿਣ ਵਾਲਾ । ਸਹੀਆਹ—ਸਹੇਲੀਆਂ, ਸਤਸੰਗੀ ।੧।

ਬਲਿਹਾਰੀ—ਸਦਕੇ । ਸਦ—ਸਦਾ । ਜਾਉ—ਮੈਂ ਜਾਂਦੀ ਹਾਂ । ਏਤਾ—ਇਤਨਾ, ਬਹੁਤ ਜ਼ਿਆਦਾ । ਭਵਿ—ਭੌਂ ਭੌਂ ਕੇ । ਗੁਰਿ—ਗੁਰੂ ਨੇ । ਮੇਲਿਮੁ—ਮੈਨੂੰ ਮਿਲਾਇਆ । ਦਿਤਮੁ ਮਿਲਾਇ—ਮੈਨੂੰ ਮਿਲਾ ਦਿੱਤਾ ।੧।ਰਹਾਉ।

ਦੇਰ—ਦਿਰਾਣੀਆਂ । ਵੰਞਨਿ—ਚਲੀਆਂ ਜਾਂਦੀਆਂ ਹਨ । ਪੂਰ—ਬੇੜੀ ਦੇ ਮੁਸਾਫ਼ਿਰਾਂ ਦੇ ਪੂਰ । ਪਹੀਆਹ—ਮੁਸਾਫ਼ਿਰਾਂ ਦੇ । ਪਹੀ—ਰਾਹੀ, ਪਾਂਧੀ, ਮੁਸਾਫ਼ਿਰ ।੨।

ਮਾਮਾਣੀਆਂ—ਮਾਮੀਆਂ । ਤੈ—ਅਤੇ । ਭਾਇਰ—ਭਰਾ । ਸਾਥ—ਕਾਫ਼ਲੇ । ਲਡੇ—ਲੱਦੇ (ਜਾ ਰਹੇ ਹਨ) । ਨਾਠੀ—ਪਰਾਹੁਣਾ । ਘਣੀ—ਬਹੁਤ ।੩।

ਸਾਚਉ—ਸਦਾ-ਥਿਰ ਰਹਿਣ ਵਾਲਾ । ਰੰਗਿ—ਪ੍ਰੇਮ-ਰੰਗ ਵਿਚ । ਰੰਗਾਵਲੋ—ਰੰਗਿਆ ਹੋਇਆ । ਸਖੀ—ਹੇ ਸਖੀ! ਸਚਿ—ਸਦਾ-ਥਿਰ ਪ੍ਰਭੂ ਦੇ ਨਾਮ ਵਿਚ (ਜੁੜਿਆਂ) । ਥੀਐ—ਹੁੰਦਾ । ਸਹੁ—ਖਸਮ । ਰੰਗਿ—ਪ੍ਰੇਮ ਨਾਲ । ਰਵੰਤ—(ਆਪਣੇ ਨਾਲ) ਮਿਲਾਂਦਾ ਹੈ, ਮਾਣਦਾ ਹੈ ।੪।

ਰੁਤੀ—ਰੁਤਾਂ {'ਰੁਤਿ' ਤੋਂ 'ਰੁਤੀ' ਬਹੁ-ਵਚਨ} । ਜਿਤੁ—ਜਿਸ ਜਿਸ (ਰੁਤ) ਵਿਚ । ਸਾਧਨ—ਜੀਵ-ਇਸਤ੍ਰੀ । ਸੁਖਿ—ਸੁਖ ਵਿਚ । ਸੁਤੀ—ਸ਼ਾਂਤ-ਚਿੱਤ ਹੋ ਗਈ । ਨਿਸਿ—ਰਾਤ । ਡੇਹੁ—ਦਿਨ ।੫।

ਪਤਣਿ—ਪੱਤਣ ਉਤੇ । ਪਾਤਣੀ—ਮਲਾਹ । ਵੰਞਹੁ—ਲੰਘ ਜਾਓ । ਧ੍ਰੁਕਿ—ਦੌੜ ਕੇ । ਵਿਲਾੜਿ—ਛਾਲ ਮਾਰ ਕੇ । ਪਵੰਦੜੇ—ਪੈਂਦੇ, ਅੱਪੜੇ । ਡਿਠੁ—

ਵੇਖੇ ਹਨ । ਬੋਹਿਥਿ—ਜਹਾਜ਼ ਵਿਚ । ਚਾੜਿ—ਚੜ੍ਹ ਕੇ, ਚੜ੍ਹਿ ।੬।

ਹਿਕਨੀ—ਕਈ (ਜੀਵ-ਰਾਹੀਆਂ) ਨੇ । ਹਿਕਿ—ਕਈ {'ਹਿਕ' ਤੋਂ 'ਹਿਕਿ' ਬਹੁ-ਵਚਨ} । ਹਿਕ—ਇਕ । ਲਦਿ—ਲੱਦ ਕੇ । ਭਾਰੇ—(ਪਾਪਾਂ ਦੇ ਭਾਰ ਨਾਲ) ਭਾਰੇ । ਭਰਨਾਲਿ—ਸਮੁੰਦਰ ਵਿਚ (ਡੁੱਬ ਗਏ) । ਸਚੁ—ਸਦਾ-ਥਿਰ ਰਹਿਣ ਵਾਲਾ ਨਾਮ-ਵੱਖਰ । ਵਣੰਜਿਆ—ਖ਼ਰੀਦਿਆ, ਵਪਾਰ ਕੀਤਾ ।੭।

ਮਾਰੀਐ—ਮਾਰਨੀ ਚਾਹੀਦੀ ਹੈ । ਜੇਹੜਾ—ਜੇਹਾ, ਵਰਗਾ । ਸੋਇ—ਉਹ ਮਨੁੱਖ (ਜੇਹੜਾ ਹਉਮੈ ਮਾਰਦਾ ਹੈ) ।੮।

ਅਰਥ :—ਮੈਂ ਆਪਣੇ ਗੁਰੂ ਤੋਂ ਕੁਰਬਾਨ ਹਾਂ, ਸਦਾ ਕੁਰਬਾਨ ਜਾਂਦੀ ਹਾਂ । ਗੁਰੂ (ਦੇ ਮਿਲਾਪ) ਤੋਂ ਬਿਨਾ ਮੈਂ ਭੌਂ ਭੌਂ ਕੇ ਬਹੁਤ ਥੱਕ ਗਈ ਸਾਂ, (ਹੁਣ) ਗੁਰੂ ਨੇ ਮੈਨੂੰ ਪਤੀ ਮਿਲਾਇਆ ਹੈ, ਮੈਨੂੰ (ਪਤੀ) ਮਿਲਾ ਦਿੱਤਾ ਹੈ ।੧।ਰਹਾਉ।

ਗੁਰੂ (ਸਤ ਸੰਗੀ-) ਸਹੇਲੀਆਂ ਨਾਲ ਮਿਲਾਂਦਾ ਹੈ (ਸਤਸੰਗੀਆਂ ਵਾਲਾ) ਸਦਾ-ਥਿਰ ਰਹਿਣ ਵਾਲਾ ਸਾਕ ਕਦੇ ਨਹੀਂ ਟੁੱਟਦਾ । ਨਾਹ ਭੈਣਾਂ ਨਾਹ ਭਰਜਾਈਆਂ ਨਾਹ ਸੱਸਾਂ—ਕਿਸੇ ਦਾ ਭੀ ਉਹੋ ਜਿਹਾ ਸਾਕ ਨਹੀਂ ਜੋ (ਸਤਸੰਗੀ) ਸਹੇਲੀਆਂ ਦਾ ਹੈ ।੧।

ਫੁੱਫੀਆਂ, ਨਾਨੀਆਂ, ਮਾਸੀਆਂ, ਦਿਰਾਣੀਆਂ, ਜਿਠਾਣੀਆਂ—ਇਹ (ਸੰਸਾਰ ਵਿਚ) ਆਉਂਦੀਆਂ ਹਨ ਤੇ ਚਲੀਆਂ ਜਾਂਦੀਆਂ ਹਨ, ਸਦਾ (ਸਾਡੇ ਨਾਲ) ਨਹੀਂ ਰਹਿੰਦੀਆਂ । ਇਹਨਾਂ (ਸਾਕਾਂ ਅੰਗਾਂ-) ਰਾਹੀਆਂ ਦੇ ਪੂਰਾਂ ਦੇ ਪੂਰ ਭਰੇ ਹੋਏ ਚਲੇ ਜਾਂਦੇ ਹਨ ।੨।

ਮਾਮੇ, ਮਾਮੀਆਂ, ਭਰਾ, ਪਿਉ, ਤੇ ਮਾਂ—(ਕਿਸੇ ਨਾਲ ਭੀ ਸੱਚਾ ਸਾਕ) ਨਹੀਂ ਬਣ ਸਕਦਾ । (ਇਹ ਭੀ ਪਰਾਹੁਣਿਆਂ ਵਾਂਗ ਹਨ) ਇਹਨਾਂ ਪਰਾਹੁਣਿਆਂ ਦੇ ਕਾਫ਼ਲੇ ਦੇ ਕਾਫ਼ਲੇ ਲੱਦੇ ਚਲੇ ਜਾ ਰਹੇ ਹਨ । ਸੰਸਾਰ-ਦਰੀਆ ਦੇ ਪੱਤਣ ਉਤੇ ਇਹਨਾਂ ਦੀ ਭੀੜ ਲੱਗੀ ਪਈ ਹੈ ।੩।

ਹੇ ਸਹੇਲੀਹੋ! ਸਾਡਾ ਖਸਮ-ਪ੍ਰਭੂ ਹੀ ਸਦਾ-ਥਿਰ ਰਹਿਣ ਵਾਲਾ ਹੈ ਤੇ ਉਹ ਪ੍ਰੇਮ-ਰੰਗ ਵਿਚ ਰੰਗਿਆ ਰਹਿੰਦਾ ਹੈ । ਉਸ ਸਦਾ-ਥਿਰ ਦੇ ਨਾਮ ਵਿਚ ਜੁੜਿਆਂ ਉਸ ਨਾਲੋਂ ਵਿਛੋੜਾ ਨਹੀਂ ਹੁੰਦਾ । (ਚਰਨਾਂ ਵਿਚ ਜੁੜੀ ਜੀਵ-ਇਸਤ੍ਰੀ ਨੂੰ) ਉਹ ਖਸਮ ਪਿਆਰ ਨਾਲ ਗਲੇ ਲਾਈ ਰੱਖਦਾ ਹੈ ।੪।

ਜੇਹੜੀ ਜੀਵ-ਇਸਤ੍ਰੀ ਖਸਮ-ਪ੍ਰਭੂ (ਦੇ ਸਾਕ) ਨੂੰ ਪਛਾਣ ਲੈਂਦੀ ਹੈ ਉਸ ਨੂੰ ਉਹ ਸਾਰੀਆਂ ਹੀ ਰੁੱਤਾਂ ਚੰਗੀਆਂ ਲੱਗਦੀਆਂ ਹਨ ਜਿਸ ਜਿਸ ਰੁੱਤ ਵਿਚ ਸਦਾ-ਥਿਰ ਪ੍ਰਭੂ-ਪਤੀ ਨਾਲ ਉਸ ਦਾ ਪਿਆਰ ਬਣਦਾ ਹੈ, (ਕਿਉਂਕਿ) ਉਹ ਜੀਵ-ਇਸਤ੍ਰੀ ਦਿਨ ਰਾਤ ਪੂਰਨ ਆਨੰਦ ਵਿਚ ਸ਼ਾਂਤ-ਚਿੱਤ ਰਹਿੰਦੀ ਹੈ ।੫।

(ਸੰਸਾਰ-ਦਰੀਆ ਦੇ) ਪੱਤਣ ਉਤੇ (ਖਲੋਤਾ) ਗੁਰੂ-ਮਲਾਹ (ਜੀਵ-ਰਾਹੀਆਂ ਨੂੰ) ਪੁਕਾਰ ਕੇ ਕਹਿ ਰਿਹਾ ਹੈ ਕਿ (ਪ੍ਰਭੂ-ਨਾਮ ਦੇ ਜਹਾਜ਼ ਵਿਚ ਚੜ੍ਹੋ ਤੇ) ਦੌੜ ਕੇ ਛਾਲ ਮਾਰ ਕੇ ਪਾਰ ਲੰਘ ਜਾਵੋ । ਸਤਿਗੁਰੂ ਦੇ ਜਹਾਜ਼ ਵਿਚ ਚੜ੍ਹ ਕੇ (ਸੰਸਾਰ-ਦਰੀਆ ਤੋਂ) ਪਾਰ ਅੱਪੜੇ ਹੋਏ (ਅਨੇਕਾਂ ਹੀ ਪ੍ਰਾਣੀ) ਮੈਂ (ਆਪ) ਵੇਖੇ ਹਨ ।੬।

(ਸਤਿਗੁਰੂ ਦਾ ਹੋਕਾ ਸੁਣ ਕੇ) ਅਨੇਕਾਂ ਜੀਵਾਂ ਨੇ (ਸੰਸਾਰ-ਦਰੀਆ ਤੋਂ ਪਾਰ ਲੰਘਣ ਲਈ ਪ੍ਰਭੂ-ਨਾਮ ਦਾ ਵੱਖਰ ਗੁਰੂ ਦੇ ਜਹਾਜ਼ ਵਿਚ) ਲੱਦ ਲਿਆ ਹੈ, ਅਨੇਕਾਂ ਹੀ ਲੱਦ ਕੇ ਪਾਰ ਪਹੁੰਚ ਗਏ ਹਨ, ਪਰ ਅਨੇਕਾਂ ਹੀ (ਐਸੇ ਭੀ ਮੰਦਭਾਗੀ ਹਨ ਜਿਨ੍ਹਾਂ ਗੁਰੂ ਦੀ ਪੁਕਾਰ ਦੀ ਪਰਵਾਹ ਨਹੀਂ ਕੀਤੀ, ਤੇ ਉਹ ਵਿਕਾਰਾਂ ਦੇ ਭਾਰ ਨਾਲ) ਭਾਰੇ ਹੋ ਕੇ ਸੰਸਾਰ-ਸਮੁੰਦਰ ਦੇ ਵਿਚ (ਡੁੱਬ ਗਏ ਹਨ) । ਜਿਨ੍ਹਾਂ ਨੇ (ਗੁਰੂ ਦਾ ਉਪਦੇਸ਼ ਸੁਣ ਕੇ) ਸਦਾ-ਥਿਰ ਰਹਿਣ ਵਾਲਾ ਨਾਮ-ਵੱਖਰ ਖ਼ਰੀਦਿਆ ਹੈ ਉਹ (ਸਦਾ-ਥਿਰ ਪ੍ਰਭੂ ਦੇ) ਚਰਨਾਂ ਵਿਚ ਲੀਨ ਹੋ ਗਏ ਹਨ ।੭।

ਹੇ ਨਾਨਕ! (ਪ੍ਰਭੂ-ਚਰਨਾਂ ਵਿਚ ਇਕ-ਮਿਕ ਹੋਣ ਵਾਸਤੇ) ਹਉਮੈ ਦੂਰ ਕਰਨੀ ਚਾਹੀਦੀ ਹੈ (ਜਿਸ ਮਨੁੱਖ ਨੇ ਗੁਰੂ ਦੀ ਸਰਨ ਪੈ ਕੇ ਹਉਮੈ ਦੂਰ ਕੀਤੀ) ਉਹ ਸਦਾ-ਥਿਰ ਪ੍ਰਭੂ ਵਰਗਾ ਹੀ ਬਣ ਗਿਆ । (ਅਜੇਹੇ ਭਾਗਾਂ ਵਾਲੇ ਬੰਦੇ ਇਹ ਨਿਸ਼ਚਾ ਰੱਖਦੇ ਹਨ ਕਿ) ਅਸੀ (ਸਭ ਤੋਂ) ਚੰਗੇ ਨਹੀਂ ਆਖੇ ਜਾ ਸਕਦੇ, ਤੇ ਸਾਥੋਂ ਭੈੜਾ ਕੋਈ ਮਨੁੱਖ (ਜਗਤ ਵਿਚ) ਨਹੀਂ ਦਿੱਸਦਾ ।੮।੨।੧੦।

ਮਾਰੂ ਮਹਲਾ ੧ ॥ ਨਾ ਜਾਣਾ ਮੂਰਖੁ ਹੈ ਕੋਈ ਨਾ ਜਾਣਾ ਸਿਆਣਾ ॥ ਸਦਾ ਸਾਹਿਬ ਕੈ ਰੰਗੇ ਰਾਤਾ ਅਨਦਿਨੁ ਨਾਮੁ ਵਖਾਣਾ ॥੧॥ ਬਾਬਾ ਮੂਰਖੁ ਹਾ ਨਾਵੈ ਬਲਿ ਜਾਉ ॥ ਤੂ ਕਰਤਾ ਤੂ ਦਾਨਾ ਬੀਨਾ ਤੇਰੈ ਨਾਮਿ ਤਰਾਉ ॥੧॥ ਰਹਾਉ ॥ ਮੂਰਖੁ ਸਿਆਣਾ ਏਕੁ ਹੈ ਏਕ ਜੋਤਿ ਦੁਇ ਨਾਉ ॥ ਮੂਰਖਾ ਸਿਰਿ ਮੂਰਖੁ ਹੈ ਜਿ ਮੰਨੇ ਨਾਹੀ ਨਾਉ ॥੨॥ ਗੁਰ ਦੁਆਰੈ ਨਾਉ ਪਾਈਐ ਬਿਨੁ ਸਤਿਗੁਰ ਪਲੈ ਨ ਪਾਇ ॥ ਸਤਿਗੁਰ ਕੈ ਭਾਣੈ ਮਨਿ ਵਸੈ ਤਾ ਅਹਿਨਿਸਿ ਰਹੈ ਲਿਵ ਲਾਇ ॥੩॥ ਰਾਜੰ ਰੰਗੰ ਰੂਪੰ ਮਾਲੰ ਜੋਬਨੁ ਤੇ ਜੁਆਰੀ ॥ ਹੁਕਮੀ ਬਾਧੇ ਪਾਸੈ ਖੇਲਹਿ ਚਉਪੜਿ ਏਕਾ ਸਾਰੀ ॥੪॥ ਜਗਿ ਚਤੁਰੁ ਸਿਆਣਾ ਭਰਮਿ ਭੁਲਾਣਾ ਨਾਉ ਪੰਡਿਤ ਪੜਹਿ ਗਾਵਾਰੀ ॥ ਨਾਉ ਵਿਸਾਰਹਿ ਬੇਦੁ ਸਮਾਲਹਿ ਬਿਖੁ ਭੂਲੇ ਲੇਖਾਰੀ ॥੫॥ ਕਲਰ ਖੇਤੀ ਤਰਵਰ ਕੰਠੇ ਬਾਗਾ ਪਹਿਰਹਿ ਕਜਲੁ ਝਰੈ ॥ ਏਹੁ ਸੰਸਾਰੁ ਤਿਸੈ ਕੀ ਕੋਠੀ ਜੋ ਪੈਸੈ ਸੋ ਗਰਬਿ ਜਰੈ ॥੬॥ ਰਯਤਿ ਰਾਜੇ ਕਹਾ ਸਬਾਏ ਦੁਹੁ ਅੰਤਰਿ ਸੋ ਜਾਸੀ ॥ ਕਹਤ ਨਾਨਕੁ ਗੁਰ ਸਚੇ ਕੀ ਪਉੜੀ ਰਹਸੀ ਅਲਖੁ ਨਿਵਾਸੀ ॥੭॥੩॥੧੧॥ {ਪੰਨਾ ੧੦੧੫-੧੦੧੬}

ਪਦ ਅਰਥ :—ਨਾ ਜਾਣਾ—ਮੈਂ ਨਹੀਂ ਸਮਝਦਾ । ਰੰਗੇ—ਰੰਗਿ ਹੀ, ਪ੍ਰੇਮ-ਰੰਗ ਵਿਚ ਹੀ । ਰਾਤਾ—ਰੰਗਿਆ ਹੋਇਆ । ਅਨਦਿਨੁ—ਹਰ ਰੋਜ਼ । ਵਖਾਣਾ—ਮੈਂ ਸਿਮਰਦਾ ਹਾਂ ।੧।

ਬਾਬਾ—ਹੇ ਪ੍ਰਭੂ! ਹਾ—ਮੈਂ ਹਾਂ । ਨਾਵੈ—(ਤੇਰੇ) ਨਾਮ ਤੋਂ । ਜਾਉ—ਮੈਂ ਜਾਂਦਾ ਹਾਂ । ਦਾਨਾ—(ਸਭ ਦੇ ਦਿਲਾਂ ਦੀ) ਜਾਣਨ ਵਾਲਾ । ਬੀਨਾ—(ਸਭ ਜੀਵਾਂ ਦੇ ਕੰਮਾਂ ਨੂੰ) ਵੇਖਣ ਵਾਲਾ । ਨਾਮਿ—ਨਾਮ ਦੀ ਰਾਹੀਂ । ਤਰਾਉ—ਤਰਉਂ, ਮੈਂ ਪਾਰ ਲੰਘ ਸਕਦਾ ਹਾਂ ।੧।ਰਹਾਉ।

ਮੂਰਖਾ ਸਿਰਿ ਮੂਰਖੁ—ਸਭ ਤੋਂ ਵੱਡਾ ਮੂਰਖ । ਜਿ—ਜਿਹੜਾ ।੨।

ਦੁਆਰੈ—ਦਰ ਤੇ । ਪਲੈ ਨ ਪਾਇ—ਨਹੀਂ ਮਿਲ ਸਕਦਾ । ਭਾਣੈ—ਰਜ਼ਾ ਵਿਚ, ਮਰਜ਼ੀ ਵਿਚ (ਤੁਰਿਆਂ) । ਮਨਿ—ਮਨ ਵਿਚ । ਅਹਿ—ਦਿਨ । ਨਿਸਿ—ਰਾਤ । ਲਿਵ ਲਾਇ—ਸੁਰਤਿ ਜੋੜ ਕੇ ।੩।

ਤੇ—ਉਹ ਬੰਦੇ । ਪਾਸੈ—ਪਾਸੇ ਵਿਚ, ਚਉਪੜ ਦੀ ਖੇਡ ਵਿਚ । ਏਕਾ ਸਾਰੀ—ਇਕੋ ਹੀ ਨਰਦ, ਇਕੋ ਮਾਇਆ ਦੀ ਤ੍ਰਿਸ਼ਨਾ ਦੀ ਨਰਦ ।੪।

ਜਗਿ—ਜਗਤ ਵਿਚ । ਭਰਮਿ—ਭਟਕਣਾ ਵਿਚ । ਭੁਲਾਨਾ—(ਜੀਵਨ-ਰਾਹ ਤੋਂ) ਭੁੱਲਾ ਹੋਇਆ । ਪੜਹਿ—ਪੜ੍ਹਦੇ ਹਨ । ਗਾਵਾਰੀ—ਮੂਰਖਾਂ ਦੀ ਵਿੱਦਿਆ। ਨਾਉ—ਪਰਮਾਤਮਾ ਦਾ ਨਾਮ । ਸਮਾਲਹਿ—ਸਾਂਭਦੇ ਹਨ, ਚੇਤੇ ਰੱਖਦੇ ਹਨ । ਬਿਖੁ—ਜ਼ਹਿਰ, ਮਾਇਆ ਦੀ ਤ੍ਰਿਸ਼ਨਾ ਜੋ ਆਤਮਕ ਜੀਵਨ ਵਾਸਤੇ ਜ਼ਹਿਰ ਸਮਾਨ ਹੈ । ਲੇਖਾਰੀ—ਵਿਦਵਾਨ ।੫।

ਕੰਠੇ—ਦਰੀਆ ਦੇ ਕੰਢੇ । ਬਾਗਾ—ਚਿੱਟੇ ਕਪੜੇ । ਝਰੈ—ਝੜਦਾ ਹੈ, ਉਡ ਉਡ ਕੇ ਪੈਂਦਾ ਹੈ । ਤਿਸੈ ਕੀ—ਤ੍ਰਿਸ਼ਨਾ ਦੀ । ਪੈਸੈ—ਪੈਂਦਾ ਹੈ, ਕਾਬੂ ਆ ਜਾਂਦਾ ਹੈ । ਜਰੈ—ਸੜਦਾ ਹੈ ।੬।

ਰਯਤਿ—ਪਰਜਾ, ਜਨਤਾ । ਕਹਾ—ਕਿਥੇ ਗਏ? ਸਬਾਏ—ਸਾਰੇ । ਦੁਹੁ ਅੰਤਰਿ—ਜ਼ਿਮੀ ਆਸਮਾਨ ਦੇ ਅੰਦਰ, ਇਹ ਦੁਨੀਆ ਵਿਚ । ਜਾਸੀ—ਨਾਸ ਹੋ ਜਾਇਗਾ । ਰਹਸੀ—ਸਦਾ ਟਿਕਿਆ ਰਹੇਗਾ, ਅਟੱਲ ਆਤਮਕ ਜੀਵਨ ਵਾਲਾ ਹੋ ਜਾਇਗਾ । ਨਿਵਾਸੀ—ਨਿਵਾਸ ਰੱਖਣ ਵਾਲਾ, ਸੁਰਤਿ ਜੋੜੀ ਰੱਖਣ ਵਾਲਾ ।੭।

ਅਰਥ :—ਹੇ ਪ੍ਰਭੂ! (ਤੇਰੇ ਨਾਮ ਤੋਂ ਖੁੰਝ ਕੇ) ਮੈਂ ਮਤਿ-ਹੀਨ ਰਹਿੰਦਾ ਹਾਂ (ਕਿਉਂਕਿ ਮੈਨੂੰ ਇਹ ਸਮਝ ਨਹੀਂ ਹੁੰਦੀ ਕਿ ਇਸ ਸੰਸਾਰ-ਸਮੁੰਦਰ ਤੋਂ) ਮੈਂ ਤੇਰੇ ਨਾਮ ਵਿਚ ਜੁੜ ਕੇ ਹੀ ਪਾਰ ਲੰਘ ਸਕਦਾ ਹਾਂ । ਮੈਂ ਤੇਰੇ ਨਾਮ ਤੋਂ ਸਦਕੇ ਜਾਂਦਾ ਹਾਂ (ਤੇਰੇ ਨਾਮ ਦੀ ਬਰਕਤਿ ਨਾਲ ਹੀ ਮੈਨੂੰ ਸਮਝ ਆਉਂਦੀ ਹੈ ਕਿ) ਤੂੰ ਸਾਡਾ ਸਿਰਜਨਹਾਰ ਹੈਂ, ਤੂੰ ਸਾਡੇ ਦਿਲ ਦੀ ਜਾਣਦਾ ਹੈਂ, ਤੂੰ ਸਾਡੇ ਕੰਮਾਂ ਨੂੰ ਹਰ ਵੇਲੇ ਵੇਖਦਾ ਹੈਂ ।੧।ਰਹਾਉ।

ਮੈਂ ਨਹੀਂ ਸਮਝ ਸਕਦਾ ਕਿ ਜੇਹੜਾ (ਬੰਦਾ ਪਰਮਾਤਮਾ ਦਾ ਨਾਮ ਸਿਮਰਦਾ ਹੈ) ਉਹ ਮੂਰਖ (ਕਿਵੇਂ) ਹੈ, ਤੇ ਜੇਹੜਾ ਮਨੁੱਖ ਨਾਮ ਨਹੀਂ ਸਿਮਰਦਾ ਉਹ ਸਿਆਣਾ ਕਿਵੇਂ ਹੈ । (ਅਸਲ ਸਿਆਣਪ ਨਾਮ ਸਿਮਰਨ ਵਿਚ ਹੈ, ਇਸ ਵਾਸਤੇ) ਮੈਂ ਹਰ ਵੇਲੇ ਪ੍ਰਭੂ ਦਾ ਨਾਮ ਸਿਮਰਦਾ ਹਾਂ ਤੇ ਸਦਾ ਮਾਲਕ-ਪ੍ਰਭੂ ਦੇ ਪ੍ਰੇਮ-ਰੰਗ ਵਿਚ ਰੰਗਿਆ ਰਹਿੰਦਾ ਹਾਂ ।੧।

ਪਰ ਚਾਹੇ ਕੋਈ ਮੂਰਖ ਹੈ ਚਾਹੇ ਕੋਈ ਸਿਆਣਾ ਹੈ (ਹਰੇਕ ਵਿਚ) ਇਕੋ ਪਰਮਾਤਮਾ ਹੀ ਵੱਸਦਾ ਹੈ । ਮੂਰਖ ਤੇ ਸਿਆਣਾ ਦੋ ਵਖ ਵਖ ਨਾਮ ਹਨ ਜੋਤਿ ਦੋਹਾਂ ਵਿਚ ਇਕੋ ਹੀ ਹੈ । ਜੇਹੜਾ ਆਦਮੀ ਪਰਮਾਤਮਾ ਦਾ ਨਾਮ ਸਿਮਰਨਾ ਨਹੀਂ ਕਬੂਲਦਾ, ਉਹ ਮਹਾ ਮੂਰਖ ਹੈ ।੨।

ਪਰਮਾਤਮਾ ਦਾ ਨਾਮ ਗੁਰੂ ਦੇ ਦਰ ਤੋਂ ਮਿਲਦਾ ਹੈ, ਗੁਰੂ ਦੀ ਸਰਨ ਤੋਂ ਬਿਨਾ ਪ੍ਰਭੂ-ਨਾਮ ਦੀ ਪ੍ਰਾਪਤੀ ਨਹੀਂ ਹੋ ਸਕਦੀ । ਜੇ ਗੁਰੂ ਦੇ ਹੁਕਮ ਵਿਚ ਤੁਰ ਕੇ ਮਨੁੱਖ ਦੇ ਮਨ ਵਿਚ ਨਾਮ ਵੱਸ ਪਏ, ਤਾਂ ਉਹ ਦਿਨ ਰਾਤ ਨਾਮ ਵਿਚ ਸੁਰਤਿ ਜੋੜੀ ਰੱਖਦਾ ਹੈ ।੩।

ਜੇਹੜੇ ਬੰਦੇ ਰਾਜ, ਰੰਗ-ਤਮਾਸ਼ੇ, ਰੂਪ, ਮਾਲ-ਧਨ ਤੇ ਜਵਾਨੀ—ਸਿਰਫ਼ ਇਹੀ ਵਿਹਾਝਦੇ ਰਹਿੰਦੇ ਹਨ ਉਹਨਾਂ ਨੂੰ ਜੁਆਰੀਏ ਸਮਝੋ । ਪਰ ਉਹਨਾਂ ਦੇ ਭੀ ਕੀਹ ਵੱਸ?) ਪ੍ਰਭੂ ਦੇ ਹੁਕਮ ਵਿਚ ਬੱਝੇ ਹੋਏ ਉਹ (ਮਾਇਕ ਪਦਾਰਥਾਂ ਦੀ) ਚਉਪੜ ਖੇਡ ਖੇਡਦੇ ਰਹਿੰਦੇ ਹਨ, ਇਕੋ ਮਾਇਆ ਦੀ ਤ੍ਰਿਸ਼ਨਾ ਹੀ ਉਹਨਾਂ ਦੀ ਨਰਦ ਹੈ ।੪।

ਜੇਹੜਾ ਬੰਦਾ ਮਾਇਆ ਦੀ ਭਟਕਣਾ ਵਿਚ ਪੈ ਕੇ ਜੀਵਨ-ਰਾਹ ਤੋਂ ਖੁੰਝਿਆ ਜਾ ਰਿਹਾ ਹੈ ਉਹੀ ਜਗਤ ਵਿਚ ਚਾਤੁਰ ਤੇ ਸਿਆਣਾ ਮੰਨਿਆ ਜਾਂਦਾ ਹੈ; ਪੜ੍ਹਦੇ ਹਨ (ਮਾਇਆ ਕਮਾਣ ਵਾਲੀ) ਮੂਰਖਾਂ ਦੀ ਵਿੱਦਿਆ, ਪਰ ਆਪਣਾ ਨਾਮ ਸਦਾਂਦੇ ਹਨ 'ਪੰਡਿਤ' । (ਇਹ ਪੰਡਿਤ) ਪਰਮਾਤਮਾ ਦਾ ਨਾਮ ਭੁਲਾ ਦੇਂਦੇ ਹਨ; ਤੇ ਆਪਣੇ ਵਲੋਂ ਵੇਦ (ਆਦਿਕ ਧਰਮ ਪੁਸਤਕਾਂ) ਨੂੰ ਸੰਭਾਲ ਰਹੇ ਹਨ, ਇਹ ਵਿਦਵਾਨ ਆਤਮਕ ਜੀਵਨ ਦੀ ਮੌਤ ਲਿਆਉਣ ਵਾਲੀ ਮਾਇਆ ਦੇ ਜ਼ਹਿਰ ਵਿਚ ਭੁੱਲੇ ਪਏ ਹਨ ।੫।

ਕੱਲਰ ਵਿਚ ਖੇਤੀ ਬੀਜ ਕੇ ਫ਼ਸਲ ਦੀ ਆਸ ਵਿਅਰਥ ਹੈ, ਦਰਿਆ ਕੰਢੇ ਉੱਗੇ ਹੋਏ ਰੁੱਖਾਂ ਨੂੰ ਆਸਰਾ ਬਨਾਣਾ ਭੁੱਲ ਹੈ, ਜਿਥੇ ਕਾਲਖ ਉਡ ਉਡ ਕੇ ਪੈਂਦੀ ਹੋਵੇ ਉਥੇ ਜੇਹੜੇ ਬੰਦੇ ਚਿੱਟੇ ਕੱਪੜੇ ਪਹਿਨਦੇ ਹਨ (ਤੇ ਉਹਨਾਂ ਉਤੇ ਕਾਲਖ ਨਾਹ ਲੱਗਣ ਦੀ ਆਸ ਰੱਖਦੇ ਹਨ ਉਹ ਭੁੱਲੇ ਹੋਏ ਹਨ, ਇਸ ਤਰ੍ਹਾਂ) ਇਹ ਜਗਤ ਤ੍ਰਿਸ਼ਨਾ ਦੀ ਕੋਠੀ ਹੈ ਇਸ ਵਿਚ ਜੇਹੜਾ ਫਸ ਜਾਂਦਾ ਹੈ (ਉਹ ਨਿਕਲ ਨਹੀਂ ਸਕਦਾ) ਉਹ ਅਹੰਕਾਰ ਵਿਚ (ਗ਼ਰਕ ਹੁੰਦਾ ਹੈ, ਉਸ ਦਾ ਆਤਮਕ ਜੀਵਨ ਤ੍ਰਿਸ਼ਨਾ-ਅੱਗ ਵਿਚ) ਸੜ ਜਾਂਦਾ ਹੈ ।੬।

ਰਾਜੇ ਤੇ (ਰਾਜਿਆਂ ਦੀ) ਪਰਜਾ—ਇਹ ਸਭ ਕਿੱਥੇ ਹਨ? (ਸਭ ਆਪੋ ਆਪਣੀ ਵਾਰੀ ਕੂਚ ਕਰ ਜਾਂਦੇ ਹਨ) । ਇਸ ਦੁਨੀਆ ਵਿਚ ਜੋ ਜੰਮਦਾ ਹੈ ਉਹ ਅੰਤ ਇਥੋਂ ਚਲਾ ਜਾਂਦਾ ਹੈ) ਪਰ ਮਾਇਆ ਦੀ ਤ੍ਰਿਸ਼ਨਾ ਵਿਚ ਫਸ ਕੇ ਜਨਮ ਮਰਨ ਦਾ ਗੇੜ ਭੀ ਸਹੇੜ ਲੈਂਦਾ ਹੈ) । ਨਾਨਕ ਆਖਦਾ ਹੈ—ਜੇਹੜਾ ਮਨੁੱਖ ਅਭੁੱਲ ਗੁਰੂ ਦੀ ਪਉੜੀ ਦਾ ਆਸਰਾ ਲੈਂਦਾ ਹੈ (ਭਾਵ, ਜੋ ਨਾਮ ਸਿਮਰਦਾ ਹੈ, ਤੇ ਸਿਮਰਨ ਦੀ ਪਉੜੀ ਦੀ ਰਾਹੀਂ) ਅਲੱਖ ਪ੍ਰਭੂ ਦੇ ਚਰਨਾਂ ਵਿਚ ਸੁਰਤਿ ਜੋੜੀ ਰੱਖਦਾ ਹੈ ਉਹ ਅਟੱਲ ਆਤਮਕ ਜੀਵਨ ਵਾਲਾ ਬਣ ਜਾਂਦਾ ਹੈ ।੭।੩।੧੧।

ਨੋਟ :—'ਘਰੁ ੨' ਦੀਆਂ ੩ ਅਸਟਪਦੀਆਂ, 'ਘਰੁ ੧' ਦੀਆਂ ੮ । ਕੁੱਲ ਜੋੜ ੧੧ ਹੈ ।

ਮਾਰੂ ਮਹਲਾ ੩ ਘਰੁ ੫ ਅਸਟਪਦੀ
ੴ ਸਤਿਗੁਰ ਪ੍ਰਸਾਦਿ ॥ ਜਿਸ ਨੋ ਪ੍ਰੇਮੁ ਮੰਨਿ ਵਸਾਏ ॥ ਸਾਚੈ ਸਬਦਿ ਸਹਜਿ ਸੁਭਾਏ ॥ ਏਹਾ ਵੇਦਨ ਸੋਈ ਜਾਣੈ ਅਵਰੁ ਕਿ ਜਾਣੈ ਕਾਰੀ ਜੀਉ ॥੧॥ ਆਪੇ ਮੇਲੇ ਆਪਿ ਮਿਲਾਏ ॥ ਆਪਣਾ ਪਿਆਰੁ ਆਪੇ ਲਾਏ ॥ ਪ੍ਰੇਮ ਕੀ ਸਾਰ ਸੋਈ ਜਾਣੈ ਜਿਸ ਨੋ ਨਦਰਿ ਤੁਮਾਰੀ ਜੀਉ ॥੧॥ ਰਹਾਉ ॥ ਦਿਬ ਦ੍ਰਿਸਟਿ ਜਾਗੈ ਭਰਮੁ ਚੁਕਾਏ ॥ ਗੁਰ ਪਰਸਾਦਿ ਪਰਮ ਪਦੁ ਪਾਏ ॥ ਸੋ ਜੋਗੀ ਇਹ ਜੁਗਤਿ ਪਛਾਣੈ ਗੁਰ ਕੈ ਸਬਦਿ ਬੀਚਾਰੀ ਜੀਉ ॥੨॥ ਸੰਜੋਗੀ ਧਨ ਪਿਰ ਮੇਲਾ ਹੋਵੈ ॥ ਗੁਰਮਤਿ ਵਿਚਹੁ ਦੁਰਮਤਿ ਖੋਵੈ ॥ ਰੰਗ ਸਿਉ ਨਿਤ ਰਲੀਆ ਮਾਣੈ, ਅਪਣੇ ਕੰਤ ਪਿਆਰੀ ਜੀਉ ॥੩॥ {ਪੰਨਾ ੧੦੧੬}

ਪਦ ਅਰਥ :—ਜਿਸ ਨੋ—{ਸੰਬੰਧਕ 'ਨੋ' ਦੇ ਕਾਰਨ ਲਫ਼ਜ਼ 'ਜਿਸੁ' ਦਾ ੁ ਉੱਡ ਗਿਆ ਹੈ} । ਮੰਨਿ—ਮਨ, ਮਨ ਵਿਚ । ਸਾਚੈ ਸਬਦਿ—ਸਦਾ-ਥਿਰ ਸ਼ਬਦ ਵਿਚ । ਸਹਜਿ—ਆਤਮਕ ਅਡੋਲਤਾ ਵਿਚ । ਸੁਭਾਏ—ਸੁਭਾਇ, ਪਿਆਰ ਵਿਚ । ਏਹਾ ਵੇਦਨ—ਇਹ (ਪ੍ਰੇਮ ਦੀ) ਚੋਭ । ਵੇਦਨ—ਵੇਦਨਾ, ਪੀੜਾ, ਚੋਭ । ਸੋਈ—ਉਹੀ ਮਨੁੱਖ । ਕਿ ਜਾਣੈ—ਕੀਹ ਜਾਣਦਾ ਹੈ? ਨਹੀਂ ਜਾਣ ਸਕਦਾ । ਕਾਰੀ—ਇਲਾਜ । ਜੀਉ—ਹੇ ਭਾਈ! ।੧।

ਆਪੇ—(ਪ੍ਰਭੂ) ਆਪ ਹੀ । ਮੇਲੇ, ਮਿਲਾਏ—ਮਿਲਾਂਦਾ ਹੈ । ਸਾਰ—ਕਦਰ । ਨਦਰਿ—ਮਿਹਰ ਦੀ ਨਿਗਾਹ ।੧।ਰਹਾਉ।

ਦਿਬ—{ਦਿ੍ਯ—ਧਵਿਨਿਏ} ਦੇਵਤਿਆਂ ਵਾਲੀ, ਰੱਬੀ, ਆਤਮਕ ਜੀਵਨ ਦਾ ਚਾਨਣ ਦੇਣ ਵਾਲੀ । ਦ੍ਰਿਸ਼ਟਿ—ਨਜ਼ਰ, ਨਿਗਾਹ । ਭਰਮੁ—ਭਟਕਣ । ਚੁਕਾਏ—ਦੂਰ ਕਰ ਦੇਂਦੀ ਹੈ । ਪਰਸਾਦਿ—ਕਿਰਪਾ ਨਾਲ । ਪਰਮ ਪਦੁ—ਸਭ ਤੋਂ ਉੱਚਾ ਦਰਜਾ । ਜੁਗਤਿ—ਢੰਗ, ਤਰੀਕਾ । ਕੈ ਸਬਦਿ—ਦੇ ਸ਼ਬਦ ਦੀ ਰਾਹੀਂ । ਬੀਚਾਰੀ—ਵਿਚਾਰਵਾਨ, ਉੱਚੇ ਜੀਵਨ ਦੀ ਸੂਝ ਵਾਲਾ ।੨।

ਸੰਜੋਗੀ—ਸੰਜੋਗੀਂ, ਸੰਜੋਗਾਂ ਨਾਲ, ਪਰਮਾਤਮਾ ਦੇ ਮਿਥੇ ਸਬੱਬ ਨਾਲ, ਪਿਛਲੇ ਸੰਸਕਾਰਾਂ ਅਨੁਸਾਰ । ਧਨ—ਜੀਵ-ਇਸਤ੍ਰੀ । ਪਿਰ—ਪਿਤਾ, ਪ੍ਰਭੂ-ਪਤੀ । ਗੁਰਮਤਿ—ਗੁਰੂ ਦੀ ਸਿੱਖਿਆ ਲੈ ਕੇ । ਵਿਚਹੁ—ਆਪਣੇ ਅੰਦਰੋਂ । ਦੁਰਮਤਿ—ਖੋਟੀ ਮਤਿ । ਰੰਗ ਸਿਉ—ਪ੍ਰੇਮ ਨਾਲ । ਕੰਤ ਪਿਆਰੀ—ਕੰਤ ਦੀ ਪਿਆਰੀ ।੩।

ਅਰਥ :—ਹੇ ਭਾਈ! ਪਰਮਾਤਮਾ ਆਪ (ਜੀਵ ਨੂੰ ਆਪਣੇ ਚਰਨਾਂ ਨਾਲ) ਜੋੜਦਾ ਹੈ, ਆਪ ਹੀ ਮਿਲਾਂਦਾ ਹੈ । (ਜੀਵ ਦੇ ਹਿਰਦੇ ਵਿਚ) ਆਪਣਾ ਪਿਆਰ ਪਰਮਾਤਮਾ ਆਪ ਹੀ ਪੈਦਾ ਕਰਦਾ ਹੈ ।

ਹੇ ਪ੍ਰਭੂ! (ਤੇਰੇ) ਪਿਆਰ ਦੀ ਕਦਰ (ਭੀ) ਉਹੀ ਜੀਵ ਜਾਣ ਸਕਦਾ ਹੈ, ਜਿਸ ਉਤੇ ਤੇਰੀ ਮਿਹਰ ਦੀ ਨਿਗਾਹ ਹੁੰਦੀ ਹੈ ।੧।ਰਹਾਉ।

ਹੇ ਭਾਈ! (ਪਰਮਾਤਮਾ) ਜਿਸ ਮਨੁੱਖ ਦੇ ਮਨ ਵਿਚ (ਆਪਣਾ) ਪਿਆਰ ਵਸਾਂਦਾ ਹੈ, ਉਹ ਮਨੁੱਖ ਪ੍ਰਭੂ ਦੀ ਸਦਾ-ਥਿਰ ਸਿਫ਼ਤਿ-ਸਾਲਾਹ ਦੀ ਬਾਣੀ ਵਿਚ (ਜੁੜਿਆ ਰਹਿੰਦਾ ਹੈ), ਆਤਮਕ ਅਡੋਲਤਾ ਵਿਚ (ਟਿਕਿਆ ਰਹਿੰਦਾ ਹੈ) ਪ੍ਰਭੂ-ਪਿਆਰ ਵਿਚ (ਲੀਨ ਰਹਿੰਦਾ ਹੈ) (ਪ੍ਰੇਮ ਦੀ ਚੋਭ ਦਾ ਇਹੀ ਇਲਾਜ ਹੈ) । ਉਹੀ ਮਨੁੱਖ ਇਸ ਚੋਭ ਨੂੰ ਸਮਝਦਾ ਹੈ, ਕੋਈ ਹੋਰ ਮਨੁੱਖ (ਜਿਸ ਦੇ ਅੰਦਰ ਇਹ ਚੋਭ ਨਹੀਂ ਹੈ, ਇਸ ਚੋਭ ਦਾ) ਇਲਾਜ ਨਹੀਂ ਜਾਣਦਾ ।੧।

(ਹੇ ਭਾਈ! ਜਿਸ ਮਨੁੱਖ ਦੇ ਮਨ ਵਿਚ ਪ੍ਰਭੂ ਆਪਣਾ ਪਿਆਰ ਵਸਾਂਦਾ ਹੈ ਉਸ ਦੇ ਅੰਦਰ) ਆਤਮਕ ਜੀਵਨ ਦਾ ਚਾਨਣ ਦੇਣ ਵਾਲੀ ਨਿਗਾਹ ਜਾਗ ਪੈਂਦੀ ਹੈ (ਅਤੇ ਉਹ ਨਿਗਾਹ ਉਸ ਦੀ) ਭਟਕਣਾ ਦੂਰ ਕਰ ਦੇਂਦੀ ਹੈ । ਗੁਰੂ ਦੀ ਕਿਰਪਾ ਨਾਲ (ਉਹ ਮਨੁੱਖ) ਸਭ ਤੋਂ ਉੱਚਾ ਆਤਮਕ ਜੀਵਨ ਦਾ ਦਰਜਾ ਪ੍ਰਾਪਤ ਕਰ ਲੈਂਦਾ ਹੈ । (ਜਿਹੜਾ ਮਨੁੱਖ) ਇਸ ਜੁਗਤਿ ਨੂੰ ਸਮਝ ਲੈਂਦਾ ਹੈ ਉਹ (ਸਹੀ ਅਰਥਾਂ ਵਿਚ) ਜੋਗੀ ਹੈ; ਗੁਰੂ ਦੇ ਸ਼ਬਦ ਦੀ ਬਰਕਤਿ ਨਾਲ ਉਹ ਉੱਚੇ ਜੀਵਨ ਦੀ ਸੂਝ ਵਾਲਾ ਹੋ ਜਾਂਦਾ ਹੈ ।੨।

ਹੇ ਭਾਈ! ਚੰਗੇ ਭਾਗਾਂ ਨਾਲ ਜਿਸ ਜੀਵ-ਇਸਤ੍ਰੀ ਦਾ ਪ੍ਰਭੂ-ਪਤੀ ਨਾਲ ਮਿਲਾਪ ਹੋ ਜਾਂਦਾ ਹੈ, ਉਹ ਗੁਰੂ ਦੀ ਮਤਿ ਉੱਤੇ ਤੁਰ ਕੇ ਆਪਣੇ ਅੰਦਰੋਂ ਖੋਟੀ ਮਤਿ ਨਾਸ ਕਰ ਦੇਂਦੀ ਹੈ, ਉਹ ਪ੍ਰੇਮ ਦਾ ਸਦਕਾ ਪ੍ਰਭੂ ਪਤੀ ਨਾਲ ਆਤਮਕ ਮਿਲਾਪ ਦਾ ਆਨੰਦ ਮਾਣਦੀ ਹੈ, ਉਹ ਆਪਣੇ ਪ੍ਰਭੂ-ਪਤੀ ਦੀ ਲਾਡਲੀ ਬਣ ਜਾਂਦੀ ਹੈ ।੩।

ਸਤਿਗੁਰ ਬਾਝਹੁ ਵੈਦੁ ਨ ਕੋਈ ॥ ਆਪੇ ਆਪਿ ਨਿਰੰਜਨੁ ਸੋਈ ॥ ਸਤਿਗੁਰ ਮਿਲਿਐ ਮਰੈ ਮੰਦਾ, ਹੋਵੈ ਗਿਆਨ ਬੀਚਾਰੀ ਜੀਉ ॥੪॥ ਏਹੁ ਸਬਦੁ ਸਾਰੁ ਜਿਸ ਨੋ ਲਾਏ ॥ ਗੁਰਮੁਖਿ ਤ੍ਰਿਸਨਾ ਭੁਖ ਗਵਾਏ ॥ ਆਪਣ ਲੀਆ ਕਿਛੂ ਨ ਪਾਈਐ ਕਰਿ ਕਿਰਪਾ ਕਲ ਧਾਰੀ ਜੀਉ ॥੫॥ ਅਗਮ ਨਿਗਮੁ ਸਤਿਗੁਰੂ ਦਿਖਾਇਆ ॥ ਕਰਿ ਕਿਰਪਾ ਅਪਨੈ ਘਰਿ ਆਇਆ ॥ ਅੰਜਨ ਮਾਹਿ ਨਿਰੰਜਨੁ ਜਾਤਾ ਜਿਨ ਕਉ ਨਦਰਿ ਤੁਮਾਰੀ ਜੀਉ ॥੬॥ ਗੁਰਮੁਖਿ ਹੋਵੈ ਸੋ ਤਤੁ ਪਾਏ ॥ ਆਪਣਾ ਆਪੁ ਵਿਚਹੁ ਗਵਾਏ ॥ ਸਤਿਗੁਰ ਬਾਝਹੁ ਸਭੁ ਧੰਧੁ ਕਮਾਵੈ ਵੇਖਹੁ ਮਨਿ ਵੀਚਾਰੀ ਜੀਉ ॥੭॥ {ਪੰਨਾ ੧੦੧੬}

ਪਦ ਅਰਥ :—ਬਾਝਹੁ—ਬਿਨਾ । ਵੈਦੁ—(ਪ੍ਰੇਮ ਦੀ ਚੋਭ ਦਾ ਇਲਾਜ ਕਰਨ ਵਾਲਾ) ਹਕੀਮ । ਆਪੇ—ਆਪ ਹੀ । ਨਿਰੰਜਨੁ—{ਨਿਰ-ਅੰਜਨੁ, ਮਾਇਆ ਦੇ ਮੋਹ ਦੀ ਕਾਲਖ ਤੋਂ ਰਹਿਤ} ਨਿਰਲੇਪ । ਸਤਿਗੁਰ ਮਿਲਿਐ—ਜੇ ਗੁਰੂ ਮਿਲ ਪਏ । ਮੰਦਾ—ਭੈੜਾ । ਗਿਆਨ ਬੀਚਾਰੀ—ਉੱਚੇ ਆਤਮਕ ਜੀਵਨ ਦੀ ਵਿਚਾਰ ਕਰ ਸਕਣ ਵਾਲਾ ।੪।

ਸਾਰੁ—ਸ੍ਰੇਸ਼ਟ । ਗੁਰਮੁਖਿ—ਗੁਰੂ ਦੀ ਸਰਨ ਪਾ ਕੇ । ਗਵਾਏ—ਦੂਰ ਕਰ ਦੇਂਦਾ ਹੈ । ਆਪਣ ਲੀਆ—ਆਪਣੇ ਉੱਦਮ ਨਾਲ ਹਾਸਲ ਕੀਤਾ ਹੋਇਆ । ਕਲ—ਸਤਾ । ਧਾਰੀ—ਧਾਰਦਾ ਹੈ, ਪਾਂਦਾ ਹੈ ।੫।

ਅਗਮ—ਆਗਮ, ਸ਼ਾਸਤ੍ਰ । ਨਿਗਮੁ—ਵੇਦ । ਅਗਮ ਨਿਗਮੁ—ਸ਼ਾਸਤ੍ਰਾਂ ਵੇਦਾਂ ਦਾ (ਇਹ) ਤੱਤ (ਕਿ 'ਆਪਣ ਲੀਆ ਕਿਛੂ ਨ ਪਾਈਐ, ਕਰਿ ਕਿਰਪਾ ਕਲ ਧਾਰੀ ਜੀਉ') । ਸਤਿਗੁਰੂ—ਗੁਰੂ ਦੀ ਰਾਹੀਂ । ਕਰਿ—ਕਰ ਕੇ । ਅਪਨੈ ਘਰਿ—ਆਪਣੇ ਅਸਲ ਘਰ ਵਿਚ, ਪ੍ਰਭੂ ਦੇ ਚਰਨਾਂ ਵਿਚ । ਅੰਜਨ ਮਾਹਿ—ਮਾਇਆ ਦੇ ਪਸਾਰੇ ਵਿਚ । ਜਿਨ ਕਉ—ਜਿਨ੍ਹਾਂ ਉਤੇ ।੬।

ਗੁਰਮੁਖਿ—ਗੁਰੂ ਦੇ ਸਨਮੁਖ । ਸੋ—ਉਹ ਮਨੁੱਖ । ਤਤੁ—ਨਿਚੋੜ, ਅਸਲ ਸਿੱਟਾ । ਆਪੁ—ਆਪਾ-ਭਾਵ । ਧੰਧੁ—ਮਾਇਆ ਦੇ ਮੋਹ ਵਿਚ ਫਸਾਣ ਵਾਲਾ ਕੰਮ-ਕਾਰ । ਮਨਿ—ਮਨ ਵਿਚ । ਵੀਚਾਰੀ—ਵਿਚਾਰਿ, ਵਿਚਾਰ ਕੇ ।੭।

ਅਰਥ :—ਹੇ ਭਾਈ! (ਪ੍ਰੇਮ ਦੀ ਚੋਭ ਦਾ ਇਲਾਜ ਕਰਨ ਵਾਲਾ) ਹਕੀਮ ਗੁਰੂ ਤੋਂ ਬਿਨਾ ਹੋਰ ਕੋਈ ਨਹੀਂ ਹੈ (ਜਿਸ ਦਾ ਇਲਾਜ ਗੁਰੂ ਕਰ ਦੇਂਦਾ ਹੈ, ਉਸ ਨੂੰ ਇਹ ਦਿੱਸ ਪੈਂਦਾ ਹੈ ਕਿ) ਉਹ ਨਿਰਲੇਪ ਪਰਮਾਤਮਾ ਆਪ ਹੀ ਆਪ (ਹਰ ਥਾਂ ਮੌਜੂਦ ਹੈ) । ਹੇ ਭਾਈ! ਜੇ ਗੁਰੂ ਮਿਲ ਪਏ ਤਾਂ (ਮਨੁੱਖ ਦੇ ਅੰਦਰੋਂ) ਭੈੜ ਮਿਟ ਜਾਂਦਾ ਹੈ, ਮਨੁੱਖ ਉੱਚੇ ਆਤਮਕ ਜੀਵਨ ਦੀ ਵਿਚਾਰ ਕਰਨ ਜੋਗਾ ਹੋ ਜਾਂਦਾ ਹੈ ।੪।

ਹੇ ਭਾਈ! ਗੁਰੂ ਦਾ ਇਹ ਸ੍ਰੇਸ਼ਟ ਸ਼ਬਦ ਜਿਸ ਦੇ ਹਿਰਦੇ ਵਿਚ ਪਰਮਾਤਮਾ ਵਸਾ ਦੇਂਦਾ ਹੈ, (ਉਸ ਨੂੰ) ਗੁਰੂ ਦੀ ਸਰਨ ਪਾ ਕੇ (ਉਸ ਦੇ ਅੰਦਰੋਂ) ਮਾਇਆ ਦੀ ਤ੍ਰਿਸ਼ਨਾ ਮਾਇਆ ਦੀ ਭੁੱਖ ਦੂਰ ਕਰ ਦੇਂਦਾ ਹੈ । ਹੇ ਭਾਈ! ਆਪਣੀ ਅਕਲ ਦੇ ਜ਼ੋਰ (ਆਤਮਕ ਜੀਵਨ ਦਾ) ਕੁਝ ਭੀ ਹਾਸਲ ਨਹੀਂ ਕਰ ਸਕੀਦਾ । ਪਰਮਾਤਮਾ ਆਪ ਹੀ ਮਿਹਰ ਕਰ ਕੇ ਇਹ ਸੱਤਾ (ਮਨੁੱਖ ਦੇ ਅੰਦਰ) ਪਾਂਦਾ ਹੈ ।੫।

(ਹੇ ਜੋਗੀ! ਇਹ ਨਿਸ਼ਚਾ ਕਿ "ਆਪਣ...ਧਾਰੀ ਜੀਉ"—ਇਹੀ ਹੈ ਸਾਡੇ ਵਾਸਤੇ 'ਅਗਮ ਨਿਗਮੁ') ਪ੍ਰਭੂ ਨੇ ਕਿਰਪਾ ਕਰ ਕੇ ਗੁਰੂ ਦੀ ਰਾਹੀਂ (ਜਿਸ ਮਨੁੱਖ ਨੂੰ ਇਹ) 'ਅਗਮ ਨਿਗਮੁ' ਵਿਖਾ ਦਿੱਤਾ, ਉਹ ਮਨੁੱਖ ਆਪਣੇ ਅਸਲ ਘਰ ਵਿਚ ਆ ਟਿਕਦਾ ਹੈ ।

ਹੇ ਪ੍ਰਭੂ! ਜਿਨ੍ਹਾਂ ਉੱਤੇ ਤੇਰੀ ਮਿਹਰ ਦੀ ਨਿਗਾਹ ਹੁੰਦੀ ਹੈ, ਉਹ ਮਨੁੱਖ ਇਸ ਮਾਇਆ ਦੇ ਪਸਾਰੇ ਵਿਚ ਤੈਨੂੰ ਨਿਰਲੇਪ ਨੂੰ ਵੱਸਦਾ ਪਛਾਣ ਲੈਂਦੇ ਹਨ ।੬।

ਹੇ ਭਾਈ! ਜਿਹੜਾ ਮਨੁੱਖ ਗੁਰੂ ਦੇ ਸਨਮੁਖ ਹੁੰਦਾ ਹੈ, ਉਹ (ਇਹ) ਅਸਲੀਅਤ ਲੱਭ ਲੈਂਦਾ ਹੈ, ਉਹ ਮਨੁੱਖ ਆਪਣੇ ਅੰਦਰੋਂ ਆਪਾ-ਭਾਵ ਦੂਰ ਕਰ ਦੇਂਦਾ ਹੈ । ਹੇ ਭਾਈ! ਆਪਣੇ ਮਨ ਵਿਚ ਵਿਚਾਰ ਕਰ ਕੇ ਵੇਖ ਲੈ ਕਿ ਗੁਰੂ ਦੀ ਸਰਨ ਪੈਣ ਤੋਂ ਬਿਨਾ ਹਰੇਕ ਜੀਵ ਮਾਇਆ ਦੇ ਮੋਹ ਵਿਚ ਫਸਾਣ ਵਾਲੀ ਦੌੜ-ਭੱਜ ਹੀ ਕਰ ਰਿਹਾ ਹੈ ।੭।

ਇਕਿ ਭ੍ਰਮਿ ਭੂਲੇ ਫਿਰਹਿ ਅਹੰਕਾਰੀ ॥ ਇਕਨਾ ਗੁਰਮੁਖਿ ਹਉਮੈ ਮਾਰੀ ॥ ਸਚੈ ਸਬਦਿ ਰਤੇ ਬੈਰਾਗੀ ਹੋਰਿ ਭਰਮਿ ਭੁਲੇ ਗਾਵਾਰੀ ਜੀਉ ॥੮॥ ਗੁਰਮੁਖਿ ਜਿਨੀ ਨਾਮੁ ਨ ਪਾਇਆ ॥ ਮਨਮੁਖਿ ਬਿਰਥਾ ਜਨਮੁ ਗਵਾਇਆ ॥ ਅਗੈ ਵਿਣੁ ਨਾਵੈ ਕੋ ਬੇਲੀ ਨਾਹੀ ਬੂਝੈ ਗੁਰ ਬੀਚਾਰੀ ਜੀਉ ॥੯॥ ਅੰਮ੍ਰਿਤ ਨਾਮੁ ਸਦਾ ਸੁਖਦਾਤਾ ॥ ਗੁਰਿ ਪੂਰੈ ਜੁਗ ਚਾਰੇ ਜਾਤਾ ॥ ਜਿਸੁ ਤੂ ਦੇਵਹਿ ਸੋਈ ਪਾਏ ਨਾਨਕ ਤਤੁ ਬੀਚਾਰੀ ਜੀਉ ॥੧੦॥੧॥ {ਪੰਨਾ ੧੦੭੬}

ਪਦ ਅਰਥ :—ਇਕਿ—{ਲਫ਼ਜ਼ 'ਇਕ' ਤੋਂ ਬਹੁ-ਵਚਨ} ਕਈ । ਭ੍ਰਮਿ—ਭੁਲੇਖੇ ਵਿਚ । ਭੂਲੇ—ਕੁਰਾਹੇ ਪਏ ਹੋਏ । ਇਕਨਾ—ਕਈ ਮਨੁੱਖਾਂ ਨੇ । ਗੁਰਮੁਖਿ—ਗੁਰੂ ਦੇ ਸਨਮੁਖ ਹੋ ਕੇ । ਸਚੈ ਸਬਦਿ—ਸਦਾ-ਥਿਰ ਪ੍ਰਭੂ ਦੀ ਸਿਫ਼ਤਿ-ਸਾਲਾਹ ਦੀ ਬਾਣੀ ਵਿਚ । ਰਤੇ—ਰੰਗੇ ਹੋਏ । ਬੈਰਾਗੀ—ਮਾਇਆ ਦੇ ਮੋਹ ਤੋਂ ਉਪਰਾਮ, (ਜੋਗੀਆਂ ਦਾ ਇਕ ਫ਼ਿਰਕਾ) । ਹੋਰਿ—{ਲਫ਼ਜ਼ 'ਹੋਰ' ਤੋਂ ਬਹੁ-ਵਚਨ} । ਗਵਾਰੀ—ਮੂਰਖ, ਅੰਞਾਣ ।੮।

ਮਨਮੁਖਿ—ਮਨ ਦੇ ਮੁਰੀਦ ਬੰਦਿਆਂ ਨੇ । ਬਿਰਥਾ—ਵਿਅਰਥ । ਅਗੈ—ਪਰਲੋਕ ਵਿਚ । ਕੋ—ਕੋਈ । ਬੇਲੀ—ਮਦਦਗਾਰ । ਗੁਰ ਬੀਚਾਰੀ—ਗੁਰੂ ਦੇ ਸ਼ਬਦ ਦੀ ਵਿਚਾਰ ਦੀ ਰਾਹੀਂ । ਬੂਝੈ—ਸਮਝਦਾ ਹੈ ।੯।

ਅੰਮ੍ਰਿਤ—ਆਤਮਕ ਜੀਵਨ ਦੇਣ ਵਾਲਾ । ਗੁਰਿ ਪੂਰੈ—ਪੂਰੇ ਗੁਰੂ ਦੀ ਰਾਹੀਂ । ਜੁਗ ਚਾਰੇ—ਚਹੁੰਆਂ ਜੁਗਾਂ ਵਿਚ, ਸਦਾ ਹੀ । ਜਾਤਾ—ਜਾਣਿਆ ਜਾਂਦਾ ਹੈ, ਸਮਝ ਪੈਂਦੀ ਹੈ । ਤੂ ਦੇਵਹਿ—(ਹੇ ਪ੍ਰਭੂ!) ਤੂੰ ਦੇਂਦਾ ਹੈਂ । ਨਾਨਕ—ਹੇ ਨਾਨਕ! ਤਤੁ ਬੀਚਾਰੀ—ਅਸਲੀਅਤ ਨੂੰ ਸਮਝਣ ਵਾਲਾ ।੧੦।

ਅਰਥ :—ਹੇ ਭਾਈ! ਕਈ ਐਸੇ ਹਨ ਜੋ ਭੁਲੇਖੇ ਵਿਚ ਪੈ ਕੇ ਕੁਰਾਹੇ ਪਏ ਹੋਏ (ਆਪਣੇ ਇਸ ਗ਼ਲਤ ਤਿਆਗ ਤੇ ਹੀ) ਮਾਣ ਕਰਦੇ ਫਿਰਦੇ ਹਨ । ਕਈ ਐਸੇ ਹਨ ਜਿਨ੍ਹਾਂ ਨੇ ਗੁਰੂ ਦੀ ਸਰਨ ਪੈ ਕੇ (ਆਪਣੇ ਅੰਦਰੋਂ) ਹਉਮੈ ਦੂਰ ਕਰ ਲਈ ਹੈ । ਹੇ ਭਾਈ! ਅਸਲ ਬੈਰਾਗੀ ਉਹ ਹਨ ਜਿਹੜੇ ਸਦਾ-ਥਿਰ ਪ੍ਰਭੂ ਦੀ ਸਿਫ਼ਤਿ-ਸਾਲਾਹ ਦੀ ਬਾਣੀ ਵਿਚ ਰੰਗੇ ਹੋਏ ਹਨ, ਬਾਕੀ ਦੇ ਮੂਰਖ (ਆਪਣੇ ਤਿਆਗ ਦੇ) ਭੁਲੇਖੇ ਵਿਚ ਕੁਰਾਹੇ ਪਏ ਹੋਏ ਹਨ ।੮।

ਹੇ ਭਾਈ! ਜਿਨ੍ਹਾਂ ਮਨੁੱਖਾਂ ਨੇ ਗੁਰੂ ਦੀ ਸਰਨ ਪੈ ਕੇ ਪਰਮਾਤਮਾ ਦਾ ਨਾਮ ਪ੍ਰਾਪਤ ਨਹੀਂ ਕੀਤਾ, ਉਹਨਾਂ ਮਨ ਦੇ ਮੁਰੀਦਾਂ ਨੇ ਆਪਣੀ ਜ਼ਿੰਦਗੀ ਵਿਅਰਥ ਗਵਾ ਲਈ ਹੈ । ਹੇ ਭਾਈ! ਪਰਲੋਕ ਵਿਚ ਪਰਮਾਤਮਾ ਦੇ ਨਾਮ ਤੋਂ ਬਿਨਾ ਹੋਰ ਕੋਈ ਸਹਾਈ ਨਹੀਂ ਹੈ । ਪਰ ਇਸ ਗੱਲ ਨੂੰ ਗੁਰੂ ਦੇ ਸ਼ਬਦ ਦੀ ਵਿਚਾਰ ਦੀ ਰਾਹੀਂ ਹੀ (ਕੋਈ ਵਿਰਲਾ ਮਨੁੱਖ) ਸਮਝਦਾ ਹੈ ।੯।

ਹੇ ਨਾਨਕ! (ਆਖ—ਹੇ ਪ੍ਰਭੂ!) ਤੇਰਾ ਆਤਮਕ ਜੀਵਨ ਦੇਣ ਵਾਲਾ ਨਾਮ ਸਦਾ ਅਨੰਦ ਦੇਣ ਵਾਲਾ ਹੈ । ਸਦਾ ਤੋਂ ਪੂਰੇ ਗੁਰੂ ਦੀ ਰਾਹੀਂ ਹੀ (ਤੇਰੇ ਇਸ ਨਾਮ ਨਾਲ) ਸਾਂਝ ਪੈਂਦੀ ਆ ਰਹੀ ਹੈ । ਹੇ ਪ੍ਰਭੂ! ਉਹੀ ਮਨੁੱਖ ਤੇਰਾ ਨਾਮ ਪ੍ਰਾਪਤ ਕਰਦਾ ਹੈ ਜਿਸ ਨੂੰ ਤੂੰ ਆਪ (ਇਹ ਦਾਤਿ) ਦੇਂਦਾ ਹੈਂ । ਉਹੀ ਮਨੁੱਖ ਅਸਲ ਜੀਵਨ-ਭੇਦ ਨੂੰ ਸਮਝਣ ਜੋਗਾ ਹੁੰਦਾ ਹੈ ।੧੦।੧।

ਨੋਟ :—ਇਹ ਸ਼ਬਦ ਜੋਗੀਆਂ ਬੈਰਾਗੀਆਂ ਦੇ ਪਰਥਾਇ ਹੈ । ਗੁਰੂ ਦਾ ਸ਼ਬਦ ਇਹ ਦੱਸਦਾ ਹੈ ਕਿ 'ਅੰਜਨ' ਦੇ ਵਿਚ ਰਹਿ ਕੇ ਹੀ 'ਨਿਰੰਜਨ' ਨੂੰ ਹਰ ਥਾਂ ਵੱਸਦਾ ਵੇਖਣਾ ਹੈ—ਇਹੀ ਹੈ ਸਿੱਖ ਵਾਸਤੇ 'ਅਗਮ ਨਿਗਮੁ' ।

ਮਾਰੂ ਮਹਲਾ ੫ ਘਰੁ ੩ ਅਸਟਪਦੀਆ

ੴ ਸਤਿਗੁਰ ਪ੍ਰਸਾਦਿ ॥ ਲਖ ਚਉਰਾਸੀਹ ਭ੍ਰਮਤੇ ਭ੍ਰਮਤੇ ਦੁਲਭ ਜਨਮੁ ਅਬ ਪਾਇਓ ॥੧॥ ਰੇ ਮੂੜੇ ਤੂ ਹੋਛੈ ਰਸਿ ਲਪਟਾਇਓ ॥ ਅੰਮ੍ਰਿਤੁ ਸੰਗਿ ਬਸਤੁ ਹੈ ਤੇਰੈ ਬਿਖਿਆ ਸਿਉ ਉਰਝਾਇਓ ॥੧॥ ਰਹਾਉ ॥ ਰਤਨ ਜਵੇਹਰ ਬਨਜਨਿ ਆਇਓ ਕਾਲਰੁ ਲਾਦਿ ਚਲਾਇਓ ॥੨॥ ਜਿਹ ਘਰ ਮਹਿ ਤੁਧੁ ਰਹਨਾ ਬਸਨਾ ਸੋ ਘਰੁ ਚੀਤਿ ਨ ਆਇਓ ॥੩॥ ਅਟਲ ਅਖੰਡ ਪ੍ਰਾਣ ਸੁਖਦਾਈ ਇਕ ਨਿਮਖ ਨਹੀ ਤੁਝੁ ਗਾਇਓ ॥੪॥ ਜਹਾ ਜਾਣਾ ਸੋ ਥਾਨੁ ਵਿਸਾਰਿਓ ਇਕ ਨਿਮਖ ਨਹੀ ਮਨੁ ਲਾਇਓ ॥੫॥ ਪੁਤ੍ਰ ਕਲਤ੍ਰ ਗ੍ਰਿਹ ਦੇਖਿ ਸਮਗ੍ਰੀ ਇਸ ਹੀ ਮਹਿ ਉਰਝਾਇਓ ॥੬॥ ਜਿਤੁ ਕੋ ਲਾਇਓ ਤਿਤ ਹੀ ਲਾਗਾ ਤੈਸੇ ਕਰਮ ਕਮਾਇਓ ॥੭॥ ਜਉ ਭਇਓ ਕ੍ਰਿਪਾਲੁ ਤਾ ਸਾਧ ਸੰਗੁ ਪਾਇਆ ਜਨ ਨਾਨਕ ਬ੍ਰਹਮੁ ਧਿਆਇਓ ॥੮॥੧॥ {ਪੰਨਾ ੧੦੧੭}

ਪਦ ਅਰਥ :—ਭ੍ਰਮਤੇ ਭ੍ਰਮਤੇ—ਭਟਕਦਿਆਂ । ਦੁਲਭ—ਮੁਸ਼ਕਿਲ ਨਾਲ ਮਿਲਣ ਵਾਲਾ । ਅਬ—ਹੁਣ ।੧।

ਰੇ ਮੂੜੇ—ਹੇ ਮੂਰਖ! ਹੋਛੈ ਰਸਿ—ਹੋਛੇ ਰਸ ਵਿਚ, ਨਾਸਵੰਤ (ਪਦਾਰਥਾਂ ਦੇ) ਸੁਆਦ ਵਿਚ । ਲਪਟਾਇਓ—ਫਸਿਆ ਹੋਇਆ ਹੈਂ । ਅੰਮ੍ਰਿਤੁ—ਅਟੱਲ ਜੀਵਨ ਦੇਣ ਵਾਲਾ ਨਾਮ-ਜਲ । ਤੇਰੈ ਸੰਗਿ—ਤੇਰੇ ਨਾਲ, ਤੇਰੇ ਅੰਦਰ । ਬਿਖਿਆ—ਮਾਇਆ । ਸਿਉ—ਨਾਲ । ਉਰਝਾਇਓ—ਉਲਝਿਆ ਹੋਇਆ, ਰੁੱਝਾ

ਹੋਇਆ ।੧।ਰਹਾਉ।

ਬਨਜਨਿ ਆਇਓ—ਵਿਹਾਝਣ ਆਇਆ । ਕਾਲਰੁ—ਕੱਲਰ । ਲਾਦਿ—ਲੱਦ ਕੇ ।੨।

ਜਿਹ—ਜਿਸ । ਮਹਿ—ਵਿਚ । ਚੀਤਿ—ਚਿੱਤ ਵਿਚ । ਘਰੁ—ਘਰ ਮਹਿ—{ਨੋਟ :—ਲਫ਼ਜ਼ 'ਘਰੁ' ਅਤੇ 'ਘਰ' ਦੀ ਵਿਆਕਰਣਿਕ ਸ਼ਕਲ ਦਾ ਖ਼ਿਆਲ ਰੱਖਣਾ} ।੩।

ਅਟਲ—ਅਟੱਲ, ਕਦੇ ਨਾਹ ਟਲਣ ਵਾਲਾ । ਅਖੰਡ—ਅਬਿਨਾਸੀ । ਨਿਮਖ—{ਨਿਮੇ—} ਅੱਖ ਝਮਕਣ ਜਿਤਨਾ ਸਮਾਂ ।੪।

ਜਹਾ—ਜਿੱਥੇ । ਵਿਸਾਰਿਓ—(ਤੂੰ) ਭੁਲਾ ਦਿੱਤਾ ਹੈ । ਲਾਇਓ—ਜੋੜਿਆ ।੫।

ਕਲਤ੍ਰ—ਇਸਤ੍ਰੀ । ਗ੍ਰਿਹ ਸਮਗ੍ਰੀ—ਘਰ ਦਾ ਸਾਮਾਨ । ਦੇਖਿ—ਵੇਖ ਕੇ । ਇਸ ਹੀ—{ਕ੍ਰਿਆ ਵਿਸ਼ੇਸ਼ਣ 'ਹੀ' ਦੇ ਕਾਰਨ ਲਫ਼ਜ਼ 'ਇਸੁ' ਦਾ ੁ ਉੱਡ ਗਿਆ ਹੈ} ।੬।

ਜਿਤੁ—ਜਿਸ (ਕੰਮ) ਵਿਚ । ਕੋ—ਕੋਈ (ਜੀਵ) । ਲਾਇਓ—ਲਾਇਆ ਗਿਆ ਹੈ । ਤਿਤ ਹੀ—{ਕ੍ਰਿਆ ਵਿਸ਼ੇਸ਼ਣ 'ਹੀ' ਦੇ ਕਾਰਨ ਲਫ਼ਜ਼ 'ਤਿਤੁ' ਦਾ ੁ ਉੱਡ ਗਿਆ ਹੈ} । ਤੈਸੇ—ਉਹੋ ਜਿਹੇ ।੭।

ਜਉ—ਜਦੋਂ । ਕ੍ਰਿਪਾਲੁ—ਦਇਆਵਾਨ । ਤਾ—ਤਾਂ, ਤਦੋਂ ।੮।

ਅਰਥ :—ਹੇ ਮੂਰਖ! ਤੂੰ ਨਾਸਵੰਤ (ਪਦਾਰਥਾਂ ਦੇ) ਸੁਆਦ ਵਿਚ ਫਸਿਆ ਰਹਿੰਦਾ ਹੈਂ । ਅਟੱਲ ਆਤਮਕ ਜੀਵਨ ਦੇਣ ਵਾਲਾ ਨਾਮ-ਜਲ ਤੇਰੇ ਅੰਦਰ ਵੱਸਦਾ ਹੈ (ਤੂੰ ਉਸ ਨੂੰ ਛੱਡ ਕੇ ਆਤਮਕ ਮੌਤ ਲਿਆਉਣ ਵਾਲੀ) ਮਾਇਆ ਦੇ ਨਾਲ ਚੰਬੜਿਆ ਹੋਇਆ ਹੈਂ ।੧।ਰਹਾਉ।

ਹੇ ਮੂਰਖ! ਚੌਰਾਸੀ ਲੱਖ ਜੂਨਾਂ ਵਿਚ ਭੌਂਦਿਆਂ ਭੌਂਦਿਆਂ ਹੁਣ ਤੈਨੂੰ ਕੀਮਤੀ ਮਨੁੱਖਾ ਜਨਮ ਮਿਲਿਆ ਹੈ ।੧।

ਹੇ ਮੂਰਖ! ਤੂੰ ਆਇਆ ਸੈਂ ਰਤਨ ਤੇ ਜਵਾਹਰ ਖ਼ਰੀਦਣ ਲਈ, ਪਰ ਤੂੰ ਇੱਥੋਂ ਕੱਲਰ ਲੱਦ ਕੇ ਹੀ ਤੁਰ ਪਿਆ ਹੈਂ ।੨।

ਹੇ ਮੂਰਖ! ਜਿਸ ਘਰ ਵਿਚ ਤੂੰ ਸਦਾ ਰਹਿਣਾ-ਵੱਸਣਾ ਹੈ, ਉਹ ਘਰ ਕਦੇ ਤੇਰੇ ਚਿੱਤ-ਚੇਤੇ ਹੀ ਨਹੀਂ ਆਇਆ ।੩।

ਹੇ ਮੂਰਖ! ਤੂੰ ਅੱਖ ਝਮਕਣ ਜਿਤਨੇ ਸਮੇ ਵਾਸਤੇ ਭੀ ਕਦੇ ਉਸ ਪਰਮਾਤਮਾ ਦੀ ਸਿਫ਼ਤਿ-ਸਾਲਾਹ ਨਹੀਂ ਕੀਤੀ, ਜੋ ਸਦਾ ਕਾਇਮ ਰਹਿਣ ਵਾਲਾ ਹੈ, ਜੋ ਅਬਿਨਾਸੀ ਹੈ, ਜੋ ਜਿੰਦ ਦੇਣ ਵਾਲਾ ਹੈ ਤੇ ਜੋ ਸਾਰੇ ਸੁਖ ਦੇਣ ਵਾਲਾ ਹੈ ।੪।

ਹੇ ਮੂਰਖ! ਜਿਸ ਥਾਂ ਆਖ਼ਰ ਜ਼ਰੂਰ ਜਾਣਾ ਹੈ ਉਸ ਵਲ ਤਾਂ ਤੂੰ ਅੱਖ ਦੇ ਝਮਕਣ ਜਿਤਨੇ ਸਮੇ ਲਈ ਭੀ ਕਦੇ ਧਿਆਨ ਨਹੀਂ ਦਿੱਤਾ ।੫।

ਹੇ ਮੂਰਖ! ਪੁੱਤਰ, ਇਸਤ੍ਰੀ ਤੇ ਘਰ ਦਾ ਸਾਮਾਨ ਵੇਖ ਕੇ ਇਸ ਦੇ ਮੋਹ ਵਿਚ ਹੀ ਤੂੰ ਫਸਿਆ ਪਿਆ ਹੈਂ ।੬।

(ਪਰ ਜੀਵ ਦੇ ਭੀ ਕੀਹ ਵੱਸ!) ਜਿਸ (ਕੰਮ) ਵਿਚ ਕੋਈ ਜੀਵ (ਪਰਮਾਤਮਾ ਵੱਲੋਂ) ਲਾਇਆ ਜਾਂਦਾ ਹੈ ਉਸ ਵਿਚ ਉਹ ਲੱਗਾ ਰਹਿੰਦਾ ਹੈ, ਉਹੋ ਜਿਹੇ ਕੰਮ ਹੀ ਉਹ ਕਰਦਾ ਰਹਿੰਦਾ ਹੈ ।੭।

ਹੇ ਦਾਸ ਨਾਨਕ! (ਆਖ—) ਜਦੋਂ ਪਰਮਾਤਮਾ ਕਿਸੇ ਜੀਵ ਉਤੇ ਦਇਆਵਾਨ ਹੁੰਦਾ ਹੈ, ਤਦੋਂ ਉਸ ਨੂੰ ਗੁਰੂ ਦਾ ਸਾਥ ਪ੍ਰਾਪਤ ਹੁੰਦਾ ਹੈ, ਤੇ, ਉਹ ਪਰਮਾਤਮਾ ਵਿਚ ਸੁਰਤਿ ਜੋੜਦਾ ਹੈ ।੮।੧।

ਮਾਰੂ ਮਹਲਾ ੫ ॥ ਕਰਿ ਅਨੁਗ੍ਰਹੁ ਰਾਖਿ ਲੀਨੋ ਭਇਓ ਸਾਧੂ ਸੰਗੁ ॥ ਹਰਿਨਾਮ ਰਸੁ ਰਸਨਾ ਉਚਾਰੈ ਮਿਸਟ ਗੂੜਾ ਰੰਗੁ ॥੧॥ ਮੇਰੇ ਮਾਨ ਕੋ ਅਸਥਾਨੁ ॥ ਮੀਤ ਸਾਜਨ ਸਖਾ ਬੰਧਪੁ ਅੰਤਰਜਾਮੀ ਜਾਨੁ ॥੧॥ ਰਹਾਉ ॥ ਸੰਸਾਰ ਸਾਗਰੁ ਜਿਨਿ ਉਪਾਇਓ ਸਰਣਿ ਪ੍ਰਭ ਕੀ ਗਹੀ ॥ ਗੁਰ ਪ੍ਰਸਾਦੀ ਪ੍ਰਭੁ ਅਰਾਧੇ ਜਮਕੰਕਰੁ ਕਿਛੁ ਨ ਕਹੀ ॥੨॥ ਮੋਖ ਮੁਕਤਿ ਦੁਆਰਿ ਜਾ ਕੈ ਸੰਤ ਰਿਦਾ ਭੰਡਾਰੁ ॥ ਜੀਅ ਜੁਗਤਿ ਸੁਜਾਣੁ ਸੁਆਮੀ ਸਦਾ ਰਾਖਣਹਾਰੁ ॥੩॥ ਦੂਖ ਦਰਦ ਕਲੇਸ ਬਿਨਸਹਿ ਜਿਸੁ ਬਸੈ ਮਨ ਮਾਹਿ ॥ ਮਿਰਤੁ ਨਰਕੁ ਅਸਥਾਨ ਬਿਖੜੇ ਬਿਖੁ ਨ ਪੋਹੈ ਤਾਹਿ ॥੪॥ ਰਿਧਿ ਸਿਧਿ ਨਵ ਨਿਧਿ ਜਾ ਕੈ ਅੰਮ੍ਰਿਤਾ ਪਰਵਾਹ ॥ ਆਦਿ ਅੰਤੇ ਮਧਿ ਪੂਰਨ ਊਚ ਅਗਮ ਅਗਾਹ ॥੫॥ {ਪੰਨਾ ੧੦੧੭}

ਪਦ ਅਰਥ :—ਕਰਿ—ਕਰ ਕੇ । ਅਨੁਗ੍ਰਹੁ—ਕਿਰਪਾ, ਦਇਆ । ਸਾਧੂ ਸੰਗੁ—ਗੁਰੂ ਦਾ ਮਿਲਾਪ । ਰਸੁ—ਸੁਆਦ । ਰਸਨਾ—ਜੀਭ (ਨਾਲ) । ਮਿਸਟ—ਮਿੱਠਾ ।੧।

ਮਾਨ ਕੋ ਅਸਥਾਨੁ—ਮਨ ਦਾ ਸਹਾਰਾ । ਸਖਾ—ਸਾਥੀ । ਬੰਧਪੁ—ਰਿਸ਼ਤੇਦਾਰ । ਜਾਨੁ—ਸੁਜਾਨ, ਸਭ ਕੁਝ ਜਾਣਨ ਵਾਲਾ ।੧।ਰਹਾਉ।

ਸਾਗਰੁ—ਸਮੁੰਦਰ । ਜਿਨਿ—ਜਿਸ (ਪ੍ਰਭੂ) ਨੇ । ਗਹੀ—ਫੜੀ । ਪ੍ਰਸਾਦੀ—ਪ੍ਰਸਾਦਿ, ਕਿਰਪਾ ਨਾਲ । ਅਰਾਧੇ—ਆਰਾਧਨ ਕਰਦਾ ਹੈ । ਕੰਕਰੁ—{ਕਿਙ੍ਕਰ} ਦਾਸ । ਜਮ ਕੰਕਰੁ—ਜਮਦੂਤ ।੨।

ਮੋਖ—ਮੁਕਤੀ । ਦੁਆਰਿ ਜਾ ਕੈ—ਜਿਸ ਦੇ ਦਰ ਤੇ । ਭੰਡਾਰੁ—ਖ਼ਜ਼ਾਨਾ । ਜੀਅ ਜੁਗਤਿ—ਆਤਮਕ ਜੀਵਨ ਜੀਊਣ ਦੀ ਜਾਚ ।੩।

ਬਿਨਸਹਿ—ਨਾਸ ਹੋ ਜਾਂਦੇ ਹਨ । ਮਾਹਿ—ਵਿਚ । ਮਿਰਤੁ—ਮੌਤ । ਅਸਥਾਨ ਬਿਖੜੇ—ਔਖੇ ਥਾਂ । ਬਿਖੁ—ਜ਼ਹਿਰ, ਆਤਮਕ ਮੌਤ ਲਿਆਉਣ ਵਾਲੀ ਮਾਇਆ । ਨ ਪੋਹੈ—ਅਸਰ ਨਹੀਂ ਕਰ ਸਕਦੀ । ਤਾਹਿ—ਉਸ ਨੂੰ ।੪।

ਰਿਧਿ ਸਿਧਿ—ਕਰਾਮਾਤੀ ਤਾਕਤਾਂ । ਨਵਨਿਧਿ—ਜਗਤ ਦੇ ਸਾਰੇ ਹੀ ਨੌ ਖ਼ਜ਼ਾਨੇ । ਜਾ ਕੈ—ਜਿਸ ਦੇ ਘਰ ਵਿਚ । ਅੰਮ੍ਰਿਤਾ ਪਰਵਾਹ—ਆਤਮਕ ਜੀਵਨ ਦੇਣ ਵਾਲੇ ਨਾਮ-ਜਲ ਦੇ ਚਸ਼ਮੇ । ਆਦਿ—ਜਗਤ ਦੇ ਸ਼ੁਰੂ ਵਿਚ । ਅੰਤੇ—ਜਗਤ ਦੇ ਅੰਤ ਵਿਚ । ਮਧਿ—ਜਗਤ ਦੀ ਹੋਂਦ ਦੇ ਸਮੇ ਵਿਚ । ਪੂਰਨ—ਵਿਆਪਕ । ਅਗਮ—ਅਪਹੁੰਚ । ਅਗਾਹ—ਅਥਾਹ ।੫।

ਅਰਥ :—ਹੇ ਭਾਈ! ਸਭ ਦੇ ਦਿਲ ਦੀ ਜਾਣਨ ਵਾਲਾ ਸੁਜਾਨ ਪਰਮਾਤਮਾ ਹੀ ਸਦਾ ਮੇਰੇ ਮਨ ਦਾ ਸਹਾਰਾ ਹੈ । ਉਹੀ ਮੇਰਾ ਮਿੱਤਰ ਹੈ, ਉਹੀ ਮੇਰਾ ਸੱਜਣ ਹੈ, ਉਹੀ ਮੇਰਾ ਸਾਥੀ ਹੈ, ਉਹੀ ਮੇਰਾ ਰਿਸ਼ਤੇਦਾਰ ਹੈ ।੧।ਰਹਾਉ।

ਹੇ ਭਾਈ! ਦਇਆ ਕਰ ਕੇ ਜਿਸ ਮਨੁੱਖ ਦੀ ਰੱਖਿਆ ਪਰਮਾਤਮਾ ਕਰਦਾ ਹੈ, ਉਸ ਨੂੰ ਗੁਰੂ ਦਾ ਮਿਲਾਪ ਹੁੰਦਾ ਹੈ, ਉਹ ਮਨੁੱਖ ਪਰਮਾਤਮਾ ਦੇ ਨਾਮ ਦਾ ਆਨੰਦ ਮਾਣਦਾ ਹੈ, ਉਹ ਆਪਣੀ ਜੀਭ ਨਾਲ ਪ੍ਰਭੂ ਦਾ ਨਾਮ ਜਪਦਾ ਹੈ, (ਉਸ ਦੇ ਮਨ ਉਤੇ ਪਰਮਾਤਮਾ ਦੇ ਪਿਆਰ ਦਾ) ਮਿੱਠਾ ਗੂੜ੍ਹਾ ਰੰਗ ਚੜ੍ਹਿਆ ਰਹਿੰਦਾ ਹੈ ।੧।

ਹੇ ਭਾਈ! (ਜਿਸ ਮਨੁੱਖ ਨੇ) ਉਸ ਪ੍ਰਭੂ ਦਾ ਆਸਰਾ ਲਿਆ ਹੈ ਜਿਸ ਨੇ ਇਹ ਸੰਸਾਰ-ਸਮੁੰਦਰ ਪੈਦਾ ਕੀਤਾ ਹੈ, ਉਹ ਮਨੁੱਖ ਗੁਰੂ ਦੀ ਕਿਰਪਾ ਨਾਲ ਪਰਮਾਤਮਾ ਦਾ ਆਰਾਧਨ ਕਰਦਾ ਰਹਿੰਦਾ ਹੈ, ਉਸ ਨੂੰ ਜਮਦੂਤ ਭੀ ਕੁਝ ਨਹੀਂ ਆਖਦਾ ।੨।

ਹੇ ਭਾਈ! ਮਾਲਕ-ਪ੍ਰਭੂ ਸਦਾ ਰੱਖਿਆ ਕਰਨ ਦੀ ਸਮਰਥਾ ਵਾਲਾ ਹੈ, ਉਹ ਸੁਜਾਨ ਪ੍ਰਭੂ ਹੀ ਆਤਮਕ ਜੀਵਨ ਜੀਊਣ ਦੀ ਜਾਚ ਸਿਖਾਂਦਾ ਹੈ ਜਿਸ ਦੇ ਦਰ ਤੇ ਮੁਕਤੀ ਟਿਕੀ ਰਹਿੰਦੀ ਹੈ, ਜਿਸ ਦਾ ਖ਼ਜ਼ਾਨਾ ਸੰਤ ਜਨਾਂ ਦਾ ਹਿਰਦਾ ਹੈ (ਜੋ ਸੰਤ ਜਨਾਂ ਦੇ ਹਿਰਦੇ ਵਿਚ ਸਦਾ ਵੱਸਦਾ ਹੈ) ।੩।

ਹੇ ਭਾਈ! ਪਰਮਾਤਮਾ ਜਿਸ ਮਨੁੱਖ ਦੇ ਮਨ ਵਿਚ ਆ ਵੱਸਦਾ ਹੈ ਉਸ ਦੇ ਸਾਰੇ ਦੁੱਖ ਦਰਦ ਤੇ ਕਲੇਸ਼ ਮਿਟ ਜਾਂਦੇ ਹਨ । ਆਤਮਕ ਮੌਤ, ਨਰਕ, ਹੋਰ ਔਖੇ ਥਾਂ, ਆਤਮਕ ਮੌਤ ਲਿਆਉਣ ਵਾਲੀ ਮਾਇਆ—ਇਹਨਾਂ ਵਿਚੋਂ ਕੋਈ ਭੀ ਉਸ ਉਤੇ ਆਪਣਾ ਅਸਰ ਨਹੀਂ ਪਾ ਸਕਦਾ ।੪।

ਹੇ ਭਾਈ! ਜਿਸ ਪਰਮਾਤਮਾ ਦੇ ਘਰ ਵਿਚ ਸਾਰੀਆਂ ਕਰਾਮਾਤੀ ਤਾਕਤਾਂ ਹਨ, ਤੇ ਸਾਰੇ ਹੀ ਖ਼ਜ਼ਾਨੇ ਹਨ, ਜਿਸ ਦੇ ਘਰ ਵਿਚ ਆਤਮਕ ਜੀਵਨ ਦੇਣ ਵਾਲੇ ਨਾਮ-ਜਲ ਦੇ ਚਸ਼ਮੇ ਚੱਲ ਰਹੇ ਹਨ, ਉਹੀ ਪਰਮਾਤਮਾ ਜਗਤ ਦੇ ਸ਼ੁਰੂ ਵਿਚ, ਅੰਤ ਵਿਚ, ਵਿਚਕਾਰਲੇ ਸਮੇ ਵਿਚ ਹਰ ਵੇਲੇ ਮੌਜੂਦ ਹੈ । ਉਹ ਪਰਮਾਤਮਾ ਸਭ ਤੋਂ ਉੱਚਾ ਹੈ, ਅਪਹੁੰਚ ਹੈ, ਤੇ ਅਥਾਹ ਹੈ ।੫।

ਸਿਧ ਸਾਧਿਕ ਦੇਵ ਮੁਨਿਜਨ ਬੇਦ ਕਰਹਿ ਉਚਾਰੁ ॥ ਸਿਮਰਿ ਸੁਆਮੀ ਸੁਖ ਸਹਜਿ ਭੁੰਚਹਿ ਨਹੀ ਅੰਤੁ ਪਾਰਾਵਾਰੁ ॥੬॥ ਅਨਿਕ ਪ੍ਰਾਛਤ ਮਿਟਹਿ ਖਿਨ ਮਹਿ ਰਿਦੈ ਜਪਿ ਭਗਵਾਨ ॥ ਪਾਵਨਾ ਤੇ ਮਹਾ ਪਾਵਨ ਕੋਟਿ ਦਾਨ ਇਸਨਾਨ ॥੭॥ ਬਲ ਬੁਧਿ ਸੁਧਿ ਪਰਾਣ ਸਰਬਸੁ ਸੰਤਨਾ ਕੀ ਰਾਸਿ ॥ ਬਿਸਰੁ ਨਾਹੀ ਨਿਮਖ ਮਨ ਤੇ ਨਾਨਕ ਕੀ ਅਰਦਾਸਿ ॥੮॥੨॥ {ਪੰਨਾ ੧੦੧੭}

ਪਦ ਅਰਥ :—ਸਿਧ—ਸਿੱਧ, ਜੋਗ-ਸਾਧਨਾਂ ਵਿਚ ਪੁੱਗੇ ਹੋਏ ਜੋਗੀ । ਸਾਧਿਕ—ਜੋਗ-ਸਾਧਨ ਕਰਨ ਵਾਲੇ । ਦੇਵ—ਦੇਵਤੇ । ਮੁਨਿਜਨ—ਮੋਨ-ਧਾਰੀ ਸਾਧੂ । ਬੇਦ ਕਰਹਿ ਉਚਾਰੁ—(ਉਹ ਪੰਡਿਤ ਜਿਹੜੇ) ਵੇਦਾਂ ਦਾ ਉਚਾਰਨ ਕਰਦੇ ਹਨ । ਸਿਮਰਿ—ਸਿਮਰ ਕੇ (ਹੀ) । ਸੁਆਮੀ—ਮਾਲਕ । ਸਹਜਿ—ਆਤਮਕ ਅਡੋਲਤਾ ਵਿਚ (ਟਿਕ ਕੇ) । ਸੁਖ ਭੁੰਚਹਿ—ਆਤਮਕ ਆਨੰਦ ਮਾਣਦੇ ਹਨ । ਪਾਰਾਵਾਰੁ—ਪਾਰ ਅਵਾਰੁ, ਪਾਰਲਾ ਉਰਲਾ ਬੰਨਾ ।੬।

ਪ੍ਰਾਛਤ—ਪਾਪ । ਮਿਟਹਿ—ਮਿਟ ਜਾਂਦੇ ਹਨ । ਰਿਦੈ—ਹਿਰਦੇ ਵਿਚ । ਜਪਿ—ਜਪ ਕੇ । ਪਾਵਨ—ਪਵਿੱਤਰ ਕਰਨ ਵਾਲਾ । ਕੋਟਿ—ਕ੍ਰੋੜਾਂ ।੭।

ਸੁਧਿ—ਸੂਝ । ਪਰਾਣ—ਜਿੰਦ । ਸਰਬਸੁ—{ਸਵਲ-Ôਵ—ਸਾਰਾ ਧਨ} ਸਭ ਕੁਝ । ਰਾਸਿ—ਸਰਮਾਇਆ । ਬਿਸਰੁ ਨਾਹੀ—ਨਾਹ ਭੁੱਲ । ਨਿਮਖ—{ਨਿਮੇ—} ਅੱਖ ਝਮਕਣ ਜਿਤਨਾ ਸਮਾ । ਤੇ—ਤੋਂ । ਅਰਦਾਸਿ—ਬੇਨਤੀ ।੮।

ਅਰਥ :—ਹੇ ਭਾਈ! ਜੋਗ-ਸਾਧਨਾਂ ਵਿਚ ਪੁੱਗੇ ਹੋਏ ਜੋਗੀ, ਜੋਗ-ਸਾਧਨ ਕਰਨ ਵਾਲੇ ਜੋਗੀ, ਦੇਵਤੇ, ਮੋਨ-ਧਾਰੀ ਸਾਧੂ, (ਉਹ ਪੰਡਿਤ ਜੋ) ਵੇਦਾਂ ਦਾ ਪਾਠ ਕਰਦੇ ਰਹਿੰਦੇ ਹਨ—(ਕੋਈ ਭੀ ਹੋਣ) ਮਾਲਕ-ਪ੍ਰਭੂ (ਦਾ ਨਾਮ) ਸਿਮਰ ਕੇ (ਹੀ) ਆਤਮਕ ਅਡੋਲਤਾ ਵਿਚ ਆਨੰਦ ਮਾਣ ਸਕਦੇ ਹਨ, (ਐਸਾ ਆਨੰਦ ਜਿਸ ਦਾ) ਅੰਤ ਨਹੀਂ (ਜੋ ਕਦੇ ਮੁੱਕਦਾ ਨਹੀਂ) ਜਿਸ ਦਾ ਉਰਲਾ ਪਾਰਲਾ ਬੰਨਾ ਨਹੀਂ ਲੱਭ ਸਕਦਾ ।੬।

ਹੇ ਭਾਈ! ਹਿਰਦੇ ਵਿਚ ਭਗਵਾਨ (ਦਾ ਨਾਮ) ਜਪ ਕੇ ਇਕ ਛਿਨ ਵਿਚ ਹੀ ਅਨੇਕਾਂ ਪਾਪ ਮਿਟ ਜਾਂਦੇ ਹਨ । ਭਗਵਾਨ (ਦਾ ਨਾਮ ਹੀ) ਸਭ ਤੋਂ ਵਧੀਕ ਪਵਿੱਤਰ ਹੈ, ਨਾਮ-ਸਿਮਰਨ ਹੀ ਕ੍ਰੋੜਾਂ ਦਾਨ ਹਨ ਤੇ ਕ੍ਰੋੜਾਂ ਤੀਰਥ-ਇਸ਼ਨਾਨ ਹਨ ।੭।

ਹੇ ਭਾਈ! ਪਰਮਾਤਮਾ ਦਾ ਨਾਮ ਹੀ ਸੰਤ ਜਨਾਂ ਦਾ ਸਰਮਾਇਆ ਹੈ, ਬਲ ਹੈ, ਬੁੱਧੀ ਹੈ, ਸੂਝ-ਬੂਝ ਹੈ, ਜਿੰਦ ਹੈ, ਇਹੀ ਉਹਨਾਂ ਦਾ ਸਭ ਕੁਝ ਹੈ । ਨਾਨਕ ਦੀ ਭੀ ਇਹੀ ਬੇਨਤੀ ਹੈ—ਹੇ ਪ੍ਰਭੂ! ਮੇਰੇ ਮਨ ਤੋਂ ਤੂੰ ਅੱਖ ਝਮਕਣ ਜਿਤਨੇ ਸਮੇ ਲਈ ਭੀ ਨਾਹ ਭੁੱਲ ।੮।੨।

ਮਾਰੂ ਮਹਲਾ ੫ ॥ ਸਸਤ੍ਰਿ ਤੀਖਣਿ ਕਾਟਿ ਡਾਰਿਓ ਮਨਿ ਨ ਕੀਨੋ ਰੋਸੁ ॥ ਕਾਜੁ ਉਆ ਕੋ ਲੇ ਸਵਾਰਿਓ ਤਿਲੁ ਨ ਦੀਨੋ ਦੋਸੁ ॥੧॥ ਮਨ ਮੇਰੇ ਰਾਮ ਰਉ ਨਿਤ ਨੀਤਿ ॥ ਦਇਆਲ ਦੇਵ ਕ੍ਰਿਪਾਲ ਗੋਬਿੰਦ ਸੁਨਿ ਸੰਤਨਾ ਕੀ ਰੀਤਿ ॥੧॥ ਰਹਾਉ ॥ ਚਰਣ ਤਲੈ ਉਗਾਹਿ ਬੈਸਿਓ ਸ੍ਰਮੁ ਨ ਰਹਿਓ ਸਰੀਰਿ ॥ ਮਹਾ ਸਾਗਰੁ ਨਹ ਵਿਆਪੈ ਖਿਨਹਿ ਉਤਰਿਓ ਤੀਰਿ ॥੨॥ ਚੰਦਨ ਅਗਰ ਕਪੂਰ ਲੇਪਨ ਤਿਸੁ ਸੰਗੇ ਨਹੀ ਪ੍ਰੀਤਿ ॥ ਬਿਸਟਾ ਮੂਤ੍ਰ ਖੋਦਿ ਤਿਲੁ ਤਿਲੁ ਮਨਿ ਨ ਮਨੀ ਬਿਪਰੀਤਿ ॥੩॥ ਊਚ ਨੀਚ ਬਿਕਾਰ ਸੁਕ੍ਰਿਤ ਸੰਲਗਨ ਸਭ ਸੁਖ ਛਤ੍ਰ ॥ ਮਿਤ੍ਰ ਸਤ੍ਰੁ ਨ ਕਛੂ ਜਾਨੈ ਸਰਬ ਜੀਅ ਸਮਤ ॥੪॥ {ਪੰਨਾ ੧੦੧੭-੧੦੧੮}

ਪਦ ਅਰਥ :—ਸਸਤ੍ਰਿ—ਸ਼ਸਤ੍ਰ ਨਾਲ । ਤੀਖਣ ਸਸਤ੍ਰਿ—ਤੇਜ਼ ਸ਼ਸਤ੍ਰ ਨਾਲ । ਕਾਟਿ—ਕੱਟ ਕੇ । ਕਾਟਿ ਡਾਰਿਓ—ਕੱਟ ਸੁੱਟਿਆ । ਮਨਿ—ਮਨ ਵਿਚ । ਰੋਸੁ—ਗੁੱਸਾ । ਉਆ ਕੋ—ਉਸ (ਮਨੁੱਖ) ਦਾ । ਤਿਲੁ—ਰਤਾ ਭਰ ਭੀ । ਦੋਸੁ—ਗਿਲਾ ।੧।

ਮਨ—ਹੇ ਮਨ! ਰਉ—ਰਮ, ਸਿਮਰ । ਨਿਤ ਨੀਤਿ—ਸਦਾ ਹੀ, ਨਿੱਤ ਨਿੱਤ । ਸੁਨਿ—(ਹੇ ਮਨ!) ਸੁਣ । ਰੀਤਿ—ਜੀਵਨ-ਮਰਯਾਦਾ ।੧।ਰਹਾਉ।

ਚਰਣ ਤਲੈ—ਪੈਰਾਂ ਹੇਠ । ਉਗਾਹਿ—ਨੱਪ ਕੇ । ਬੈਸਿਓ—ਬਹਿ ਗਿਆ । ਸ੍ਰਮੁ—ਥਕੇਵਾਂ । ਸਰੀਰਿ—ਸਰੀਰ ਵਿਚ । ਸਾਗਰੁ—ਸਮੁੰਦਰ । ਨਹ ਵਿਆਪੈ—ਆਪਣਾ ਦਬਾਅ ਨਹੀਂ ਪਾ ਸਕਦਾ । ਖਿਨਹਿ—ਇਕ ਖਿਨ ਵਿਚ ਹੀ । ਤੀਰਿ—(ਪਾਰਲੇ) ਕੰਢੇ ਤੇ ।੨।

ਅਗਰ—ਊਦ ਦੀ ਲੱਕੜੀ । ਸੰਗੇ—ਨਾਲ । ਖੋਦਿ—ਪੁੱਟ ਕੇ । ਤਿਲੁ ਤਿਲੁ—ਰਤਾ ਰਤਾ । ਮਨਿ—ਮਨ ਵਿਚ । ਮਨੀ—ਮੰਨੀ । ਬਿਪਰੀਤਿ—ਉਲਟੀ ਗੱਲ, ਵਿਰੋਧਤਾ ।੩।

ਸੁਕ੍ਰਿਤ—ਭਲਾਈ । ਸੰਲਗਨ—ਇੱਕੋ ਜਿਹਾ ਲੱਗਾ ਹੋਇਆ । ਸੁਖ ਛੜ੍ਹ—ਸੁਖਾਂ ਦਾ ਛੱਤ੍ਰ । ਸਤ੍ਰ—ਵੈਰੀ । ਨ ਜਾਨੈ—ਨਹੀਂ ਜਾਣਦਾ {ਇਕ-ਵਚਨ} । ਸਮਤ—ਇਕ-ਸਮਾਨ । ਸਰਬ ਜੀਅ—ਸਾਰੇ ਜੀਆਂ ਨੂੰ ।੪।

ਅਰਥ :—ਹੇ ਮੇਰੇ ਮਨ! ਦਇਆਲ, ਪ੍ਰਕਾਸ਼-ਰੂਪ, ਕਿਰਪਾਲ ਗੋਬਿੰਦ ਦੇ (ਸੰਤ ਜਨਾਂ ਦੀ ਸੰਗਤਿ ਵਿਚ ਰਹਿ ਕੇ) ਸਦਾ ਹੀ ਪਰਮਾਤਮਾ ਦਾ ਸਿਮਰਨ ਕਰਦਾ ਰਹੁ (ਉਹ ਸੰਤ ਜਨ ਕਿਹੋ ਜਿਹੇ ਹੁੰਦੇ ਹਨ? ਉਹਨਾਂ) ਸੰਤ ਜਨਾਂ ਦੀ ਜੀਵਨ-ਮਰਯਾਦਾ ਸੁਣ ।੧।ਰਹਾਉ।

(ਹੇ ਮੇਰੇ ਮਨ! ਜਿਸ ਮਨੁੱਖ ਨੇ ਰੁੱਖ ਨੂੰ ਕਿਸੇ) ਤੇਜ਼ ਹਥਿਆਰ ਨਾਲ ਕੱਟ ਸੁੱਟਿਆ (ਰੁੱਖ ਨੇ ਆਪਣੇ) ਮਨ ਵਿਚ (ਉਸ ਉੱਤੇ) ਗੁੱਸਾ ਨਾਹ ਕੀਤਾ, (ਸਗੋਂ ਰੁੱਖ ਨੇ) ਉਸ ਦਾ ਕੰਮ ਸਵਾਰ ਦਿੱਤਾ, ਤੇ, (ਉਸ ਨੂੰ) ਰਤਾ ਭਰ ਭੀ ਕੋਈ ਦੋਸ਼ ਨਾਹ ਦਿੱਤਾ ।੧।

(ਹੇ ਮੇਰੇ ਮਨ! ਜਿਹੜਾ ਮਨੁੱਖ ਬੇੜੀ ਨੂੰ) ਪੈਰਾਂ ਹੇਠ ਨੱਪ ਕੇ (ਉਸ ਵਿਚ) ਬਹਿ ਗਿਆ, (ਉਸ ਮਨੁੱਖ ਦੇ) ਸਰੀਰ ਵਿਚ (ਪੈਂਡੇ ਦਾ) ਥਕੇਵਾਂ ਨਾਹ ਰਿਹਾ, ਭਿਆਨਕ ਸਮੁੰਦਰ (ਦਰੀਆ ਭੀ) ਉਸ ਉੱਤੇ ਆਪਣਾ ਅਸਰ ਨਹੀਂ ਪਾ ਸਕਦਾ, (ਬੇੜੀ ਵਿਚ ਬੈਠ ਕੇ ਉਹ) ਇਕ ਖਿਨ ਵਿਚ ਹੀ (ਉਸ ਦਰੀਆ ਤੋਂ) ਪਾਰਲੇ ਕੰਢੇ ਜਾ ਉਤਰਿਆ ।੨।

(ਹੇ ਮੇਰੇ ਮਨ! ਜਿਹੜਾ ਮਨੁੱਖ ਧਰਤੀ ਉੱਤੇ) ਚੰਦਨ ਅਗਰ ਕਪੂਰ ਨਾਲ ਲੇਪਨ (ਕਰਦਾ ਹੈ, ਧਰਤੀ) ਉਸ (ਮਨੁੱਖ) ਨਾਲ (ਕੋਈ ਖ਼ਾਸ) ਪਿਆਰ ਨਹੀਂ ਕਰਦੀ; ਤੇ (ਜਿਹੜਾ ਮਨੁੱਖ ਧਰਤੀ ਉੱਤੇ) ਗੂੰਹ ਮੂਤਰ (ਸੁੱਟਦਾ ਹੈ, ਧਰਤੀ ਨੂੰ) ਪੁੱਟ ਕੇ ਰਤਾ ਰਤਾ (ਕਰਦਾ ਹੈ, ਉਸ ਮਨੁੱਖ ਦੇ ਵਿਰੁੱਧ ਆਪਣੇ) ਮਨ ਵਿਚ (ਧਰਤੀ) ਬੁਰਾ ਨਹੀਂ ਮਨਾਂਦੀ ।੩।

(ਹੇ ਮੇਰੇ ਮਨ!) ਕੋਈ ਉੱਚਾ ਹੋਵੇ ਨੀਵਾਂ ਹੋਵੇ, ਕੋਈ ਬੁਰਾਈ ਕਰੇ ਕੋਈ ਭਲਾਈ ਕਰੇ (ਆਕਾਸ਼ ਸਭਨਾਂ ਨਾਲ) ਇਕੋ ਜਿਹਾ ਲੱਗਾ ਰਹਿੰਦਾ ਹੈ, ਸਭਨਾਂ ਵਾਸਤੇ ਸੁਖਾਂ ਦਾ ਛਤਰ (ਬਣਿਆ ਰਹਿੰਦਾ) ਹੈ । (ਆਕਾਸ਼) ਨਾਹ ਕਿਸੇ ਨੂੰ ਮਿੱਤਰ ਸਮਝਦਾ ਹੈ ਨਾਹ ਕਿਸੇ ਨੂੰ ਵੈਰੀ, (ਆਕਾਸ਼) ਸਾਰੇ ਜੀਵਾਂ ਵਾਸਤੇ ਇੱਕ-ਸਮਾਨ ਹੈ ।੪।

ਕਰਿ ਪ੍ਰਗਾਸੁ ਪ੍ਰਚੰਡ ਪ੍ਰਗਟਿਓ ਅੰਧਕਾਰ ਬਿਨਾਸ ॥ ਪਵਿਤ੍ਰ ਅਪਵਿਤ੍ਰਹ ਕਿਰਣ ਲਾਗੇ ਮਨਿ ਨ ਭਇਓ ਬਿਖਾਦੁ ॥੫॥ ਸੀਤ ਮੰਦ ਸੁਗੰਧ ਚਲਿਓ ਸਰਬ ਥਾਨ ਸਮਾਨ ॥ ਜਹਾ ਸਾ ਕਿਛੁ ਤਹਾ ਲਾਗਿਓ ਤਿਲੁ ਨ ਸੰਕਾ ਮਾਨ ॥੬॥ ਸੁਭਾਇ ਅਭਾਇ ਜੁ ਨਿਕਟਿ ਆਵੈ ਸੀਤੁ ਤਾ ਕਾ ਜਾਇ ॥ ਆਪ ਪਰ ਕਾ ਕਛੁ ਨ ਜਾਣੈ ਸਦਾ ਸਹਜਿ ਸੁਭਾਇ ॥੭॥ ਚਰਣ ਸਰਣ ਸਨਾਥ ਇਹੁ ਮਨੁ ਰੰਗਿ ਰਾਤੇ ਲਾਲ ॥ ਗੋਪਾਲ ਗੁਣ ਨਿਤ ਗਾਉ ਨਾਨਕ ਭਏ ਪ੍ਰਭ ਕਿਰਪਾਲ ॥੮॥੩॥ {ਪੰਨਾ ੧੦੧੮}

ਪਦ ਅਰਥ :—ਕਰਿ—ਕਰ ਕੇ । ਪ੍ਰਗਾਸੁ—ਪਰਕਾਸ਼, ਚਾਨਣ । ਪ੍ਰਚੰਡ—ਤੇਜ਼ । ਅੰਧਕਾਰ ਬਿਨਾਸ—ਹਨੇਰੇ ਦਾ ਨਾਸ । ਮਨਿ—(ਸੂਰਜ ਦੇ) ਮਨ ਵਿਚ । ਬਿਖਾਦੁ—ਦੁੱਖ ।੫।

ਸੀਤ—ਠੰਢੀ । ਮੰਦ—ਹੌਲੀ ਹੌਲੀ । ਸਮਾਨ—ਇਕੋ ਜਿਹੀ । ਸਰਬ ਥਾਨ—ਸਭਨੀਂ ਥਾਈਂ । ਜਹਾ—ਜਿੱਥੇ ਭੀ । ਸਾ—ਸੀ । ਕਿਛੁ—ਕੋਈ (ਚੰਗੀ ਮੰਦੀ) ਚੀਜ਼ । ਤਿਲੁ—ਰਤਾ ਭੀ । ਸੰਕਾ—ਸ਼ੰਕਾ, ਝਿਜਕ । ਨ ਮਾਨ—ਨਹੀਂ ਮੰਨਿਆ ।੬।

ਸੁਭਾਇ—ਚੰਗੀ ਭਾਵਨਾ ਨਾਲ । ਅਭਾਇ—ਭੈੜੀ ਭਾਵਨਾ ਨਾਲ । ਜੁ—ਜਿਹੜਾ ਕੋਈ । ਨਿਕਟਿ—ਨੇੜੇ । ਸੀਤੁ—ਪਾਲਾ । ਆਪ ਕਾ—ਆਪਣਾ । ਪਰ ਕਾ—ਪਰਾਇਆ । ਸਹਜਿ—ਅਡੋਲਤਾ ਵਿਚ । ਸੁਭਾਇ—ਚੰਗੇ ਭਾਵ ਵਿਚ ।੭।

ਸਨਾਥ—ਨਾਥ ਵਾਲੇ, ਖਸਮ ਵਾਲੇ । ਰੰਗਿ—ਪਿਆਰ ਵਿਚ । ਰਾਤੇ—ਰੰਗੇ ਹੋਏ । ਲਾਲ ਰੰਗਿ—ਸੋਹਣੇ ਪ੍ਰਭੂ ਦੇ ਪ੍ਰੇਮ-ਰੰਗ ਵਿਚ । ਗਾਉ—(ਹੇ ਮੇਰੇ ਮਨ!) ਗਾਇਆ ਕਰ । ਨਾਨਕ—ਹੇ ਨਾਨਕ! ਕਿਰਪਾਲ—ਦਇਆਵਾਨ ।੮।

ਅਰਥ :—(ਹੇ ਮੇਰੇ ਮਨ! ਸੂਰਜ) ਤੇਜ਼ ਰੌਸ਼ਨੀ ਕਰ ਕੇ (ਆਕਾਸ਼ ਵਿਚ) ਪਰਗਟ ਹੁੰਦਾ ਹੈ ਅਤੇ ਹਨੇਰੇ ਦਾ ਨਾਸ ਕਰਦਾ ਹੈ । ਚੰਗੇ ਮੰਦੇ ਸਭ ਜੀਵਾਂ ਨੂੰ ਉਸ ਦੀਆਂ ਕਿਰਣਾਂ ਲੱਗਦੀਆਂ ਹਨ, (ਸੂਰਜ ਦੇ) ਮਨ ਵਿਚ (ਇਸ ਗੱਲੋਂ) ਦੁੱਖ ਨਹੀਂ ਹੁੰਦਾ ।੫।

ਹੇ ਮੇਰੇ ਮਨ! ਠੰਢੀ (ਹਵਾ) ਸੁਗੰਧੀ-ਭਰੀ (ਹਵਾ) ਮੱਠੀ ਮੱਠੀ ਸਭਨਾਂ ਥਾਂਵਾਂ ਵਿਚ ਇਕੋ ਜਿਹੀ ਚੱਲਦੀ ਹੈ; ਜਿੱਥੇ ਭੀ ਕੋਈ ਚੀਜ਼ ਹੋਵੇ (ਚੰਗੀ ਹੋਵੇ ਚਾਹੇ ਮੰਦੀ) ਉੱਥੇ ਹੀ (ਸਭ ਨੂੰ) ਲੱਗਦੀ ਹੈ, ਰਤਾ ਭੀ ਝਿਜਕ ਨਹੀਂ ਕਰਦੀ ।੬।

(ਹੇ ਮੇਰੇ ਮਨ!) ਜਿਹੜਾ ਭੀ ਮਨੁੱਖ ਚੰਗੀ ਭਾਵਨਾ ਨਾਲ ਜਾਂ ਮੰਦੀ ਭਾਵਨਾ ਨਾਲ (ਅੱਗ ਦੇ) ਨੇੜੇ ਆਉਂਦਾ ਹੈ, ਉਸ ਦਾ ਪਾਲਾ ਦੂਰ ਹੋ ਜਾਂਦਾ ਹੈ । (ਅੱਗ) ਇਹ ਗੱਲ ਬਿਲਕੁਲ ਨਹੀਂ ਜਾਣਦੀ ਕਿ ਇਹ ਆਪਣਾ ਹੈ ਇਹ ਪਰਾਇਆ ਹੈ, (ਅੱਗ) ਅਡੋਲਤਾ ਵਿਚ ਰਹਿੰਦੀ ਹੈ ਆਪਣੇ ਸੁਭਾਵ ਵਿਚ ਰਹਿੰਦੀ ਹੈ ।੭।

(ਹੇ ਮੇਰੇ ਮਨ! ਇਸੇ ਤਰ੍ਹਾਂ ਪਰਮਾਤਮਾ ਦੇ ਸੰਤ ਜਨ) ਪਰਮਾਤਮਾ ਦੇ ਚਰਨਾਂ ਦੀ ਸਰਨ ਵਿਚ ਰਹਿ ਕੇ ਖਸਮ ਵਾਲੇ ਬਣ ਜਾਂਦੇ ਹਨ, ਉਹ ਸੋਹਣੇ ਪ੍ਰਭੂ ਵਿਚ ਰੱਤੇ ਰਹਿੰਦੇ ਹਨ, ਉਹਨਾਂ ਦਾ ਇਹ ਮਨ ਪ੍ਰਭੂ ਦੇ ਪ੍ਰੇਮ-ਰੰਗ ਵਿਚ (ਰੰਗਿਆ ਰਹਿੰਦਾ ਹੈ) । (ਹੇ ਮੇਰੇ ਮਨ! ਤੂੰ ਭੀ) ਗੋਪਾਲ ਪ੍ਰਭੂ ਦੇ ਗੁਣ ਗਾਂਦਾ ਰਿਹਾ ਕਰ

। ਹੇ ਨਾਨਕ! (ਜਿਹੜੇ ਗੁਣ ਗਾਂਦੇ ਹਨ, ਉਹਨਾਂ ਉੱਤੇ) ਪ੍ਰਭੂ ਜੀ ਦਇਆਵਾਨ ਹੋ ਜਾਂਦੇ ਹਨ ।੮।੩।

ਮਾਰੂ ਮਹਲਾ ੫ ਘਰੁ ੪ ਅਸਟਪਦੀਆ
ੴ ਸਤਿਗੁਰ ਪ੍ਰਸਾਦਿ ॥ ਚਾਦਨਾ ਚਾਦਨੁ ਆਂਗਨਿ ਪ੍ਰਭ ਜੀਉ ਅੰਤਰਿ ਚਾਦਨਾ ॥੧॥ ਆਰਾਧਨਾ ਅਰਾਧਨੁ ਨੀਕਾ ਹਰਿ ਹਰਿ ਨਾਮੁ ਅਰਾਧਨਾ ॥੨॥ ਤਿਆਗਨਾ ਤਿਆਗਨੁ ਨੀਕਾ ਕਾਮੁ ਕ੍ਰੋਧੁ ਲੋਭੁ ਤਿਆਗਨਾ ॥੩॥ ਮਾਗਨਾ ਮਾਗਨੁ ਨੀਕਾ ਹਰਿ ਜਸੁ ਗੁਰ ਤੇ ਮਾਗਨਾ ॥੪॥ ਜਾਗਨਾ ਜਾਗਨੁ ਨੀਕਾ ਹਰਿ ਕੀਰਤਨ ਮਹਿ ਜਾਗਨਾ ॥੫॥ ਲਾਗਨਾ ਲਾਗਨੁ ਨੀਕਾ ਗੁਰ ਚਰਣੀ ਮਨੁ ਲਾਗਨਾ ॥੬॥ ਇਹ ਬਿਧਿ ਤਿਸਹਿ ਪਰਾਪਤੇ ਜਾ ਕੈ ਮਸਤਕਿ ਭਾਗਨਾ ॥੭॥ ਕਹੁ ਨਾਨਕ ਤਿਸੁ ਸਭੁ ਕਿਛੁ ਨੀਕਾ ਜੋ ਪ੍ਰਭ ਕੀ ਸਰਨਾਗਨਾ ॥੮॥੧॥੪॥ {ਪੰਨਾ ੧੦੧੮}

ਪਦ ਅਰਥ :—ਚਾਦਨਾ ਚਾਦਨੁ—ਚਾਨਣਾਂ ਵਿਚੋਂ ਚਾਨਣ । ਆਂਗਨਿ—ਵਿਹੜੇ ਵਿਚ । ਪ੍ਰਭ ਜੀਉ ਚਾਦਨਾ—ਪ੍ਰਭੂ ਜੀ ਦੇ ਨਾਮ ਦਾ ਚਾਨਣ । ਅੰਤਰਿ—ਅੰਦਰ, ਹਿਰਦੇ ਵਿਚ ।੧।

ਨੀਕਾ—{ਨ#ਤ} ਸੋਹਣਾ, ਚੰਗਾ । ਆਰਾਧਨਾ ਅਰਾਧਨੁ—ਸਿਮਰਨਾਂ ਵਿਚੋਂ ਸਿਮਰਨ ।੨।

ਤਿਆਗਨਾ—ਛਡ ਦੇਣਾ ।੩।

ਮਾਗਨਾ ਮਾਗਨੁ—ਮੰਗਣ ਵਿਚੋਂ ਮੰਗਣ । ਗੁਰ ਤੇ—ਗੁਰੂ ਪਾਸੋਂ ।੪।

ਹਰਿ ਕੀਰਤਨ ਮਹਿ—ਪਰਮਾਤਮਾ ਦੀ ਸਿਫ਼ਤਿ-ਸਾਲਾਹ ਕਰਨ ਵਿਚ ।੫।

ਲਾਗਨਾ ਲਾਗਨੁ ਨੀਕਾ—ਹੋਰ ਹੋਰ ਪਿਆਰ ਬਣਨ ਨਾਲੋਂ ਸੋਹਣਾ ਪਿਆਰ ।੬।

ਇਹ ਬਿਧਿ—ਇਹ ਜੁਗਤਿ । ਤਿਸਹਿ—{ਕ੍ਰਿਆ ਵਿਸ਼ੇਸ਼ਣ 'ਹੀ' ਦੇ ਕਾਰਨ ਲਫ਼ਜ਼ 'ਤਿਸੁ' ਦਾ ੁ ਉੱਡ ਗਿਆ ਹੈ} । ਜਾ ਕੈ ਮਸਤਕਿ—ਜਿਸ (ਮਨੁੱਖ) ਦੇ ਮੱਥੇ ਉੱਤੇ ।੭।

ਨਾਨਕ—ਹੇ ਨਾਨਕ! ਸਰਨਾਗਨਾ—ਸਰਣ ਆ ਜਾਂਦਾ ਹੈ ।੮।

ਅਰਥ :—(ਹੇ ਭਾਈ! ਲੋਕ ਖ਼ੁਸ਼ੀ ਆਦਿਕ ਦੇ ਮੌਕੇ ਤੇ ਘਰਾਂ ਵਿਚ ਦੀਵੇ ਆਦਿਕ ਬਾਲ ਕੇ ਚਾਨਣ ਕਰਦੇ ਹਨ, ਪਰ ਮਨੁੱਖ ਦੇ) ਹਿਰਦੇ ਵਿਚ ਪਰਮਾਤਮਾ ਦੇ ਨਾਮ ਦਾ ਚਾਨਣ ਹੋ ਜਾਣਾ—ਇਹ ਵਿਹੜੇ ਵਿਚ ਹੋਰ ਸਭ ਚਾਨਣਾਂ ਨਾਲੋਂ ਵਧੀਆ ਚਾਨਣ ਹੈ ।੧।

ਹੇ ਭਾਈ! ਸਦਾ ਪਰਮਾਤਮਾ ਦਾ ਹੀ ਨਾਮ ਸਿਮਰਨਾ—ਇਹ ਹੋਰ ਸਾਰੇ ਸਿਮਰਨਾਂ ਨਾਲੋਂ ਸੋਹਣਾ ਸਿਮਰਨ ਹੈ ।੨।

(ਹੇ ਭਾਈ! ਮਾਇਆ ਦੇ ਮੋਹ ਵਿਚੋਂ ਨਿਕਲਣ ਲਈ ਲੋਕ ਗ੍ਰਿਹਸਤ ਤਿਆਗ ਜਾਂਦੇ ਹਨ, ਪਰ) ਕਾਮ ਕ੍ਰੋਧ ਲੋਭ (ਆਦਿਕ ਵਿਕਾਰਾਂ ਨੂੰ ਹਿਰਦੇ ਵਿਚੋਂ) ਤਿਆਗ ਦੇਣਾ—ਇਹ ਹੋਰ ਸਾਰੇ ਤਿਆਗਾਂ ਨਾਲੋਂ ਸ੍ਰੇਸ਼ਟ ਤਿਆਗ ਹੈ ।੩।

ਹੇ ਭਾਈ! ਗੁਰੂ ਪਾਸੋਂ ਪਰਮਾਤਮਾ ਦੀ ਸਿਫ਼ਤਿ-ਸਾਲਾਹ ਦਾ ਖ਼ੈਰ ਮੰਗਣਾ—ਇਹ ਹੋਰ ਸਾਰੀਆਂ ਮੰਗਾਂ ਨਾਲੋਂ ਵਧੀਆ ਮੰਗ ਹੈ ।੪।

(ਹੇ ਭਾਈ! ਦੇਵੀ ਆਦਿਕ ਦੀ ਪੂਜਾ ਵਾਸਤੇ ਲੋਕ ਜਾਗਰੇ ਕਰਦੇ ਹਨ, ਪਰ) ਪਰਮਾਤਮਾ ਦੀ ਸਿਫ਼ਤਿ-ਸਾਲਾਹ ਵਿਚ ਜਾਗਣਾ—ਇਹ ਹੋਰ ਜਾਗਰਿਆਂ ਨਾਲੋਂ ਉੱਤਮ ਜਾਗਰਾ ਹੈ ।੫।

ਹੇ ਭਾਈ! ਗੁਰੂ ਦੇ ਚਰਨਾਂ ਵਿਚ ਮਨ ਦਾ ਪਿਆਰ ਬਣ ਜਾਣਾ—ਇਹ ਹੋਰ ਸਾਰੀਆਂ ਲਗਨਾਂ ਨਾਲੋਂ ਵਧੀਆ ਲਗਨ ਹੈ ।੬।

ਪਰ, ਹੇ ਭਾਈ! ਇਹ ਜੁਗਤਿ ਉਸੇ ਹੀ ਮਨੁੱਖ ਨੂੰ ਪ੍ਰਾਪਤ ਹੁੰਦੀ ਹੈ, ਜਿਸ ਦੇ ਮੱਥੇ ਉੱਤੇ ਭਾਗ ਜਾਗ ਪੈਣ ।੭।

ਹੇ ਨਾਨਕ! ਆਖ—ਜਿਹੜਾ ਮਨੁੱਖ ਪਰਮਾਤਮਾ ਦੀ ਸਰਨ ਵਿਚ ਆ ਜਾਂਦਾ ਹੈ, ਉਸ ਨੂੰ ਹਰੇਕ ਸੋਹਣਾ ਗੁਣ ਪ੍ਰਾਪਤ ਹੋ ਜਾਂਦਾ ਹੈ ।੮।੧।੪।

ਮਾਰੂ ਮਹਲਾ ੫ ॥ ਆਉ ਜੀ ਤੂ ਆਉ ਹਮਾਰੈ ਹਰਿ ਜਸੁ ਸ੍ਰਵਨ ਸੁਨਾਵਨਾ ॥੧॥ ਰਹਾਉ ॥ ਤੁਧੁ ਆਵਤ ਮੇਰਾ ਮਨੁ ਤਨੁ ਹਰਿਆ ਹਰਿ ਜਸੁ ਤੁਮ ਸੰਗਿ ਗਾਵਨਾ ॥੧॥ ਸੰਤ ਕ੍ਰਿਪਾ ਤੇ ਹਿਰਦੈ ਵਾਸੈ ਦੂਜਾ ਭਾਉ ਮਿਟਾਵਨਾ ॥੨॥ ਭਗਤ ਦਇਆ ਤੇ ਬੁਧਿ ਪਰਗਾਸੈ ਦੁਰਮਤਿ ਦੂਖ ਤਜਾਵਨਾ ॥੩॥ ਦਰਸਨੁ ਭੇਟਤ ਹੋਤ ਪੁਨੀਤਾ ਪੁਨਰਪਿ ਗਰਭਿ ਨ ਪਾਵਨਾ ॥੪॥ ਨਉਨਿਧਿ ਰਿਧਿ ਸਿਧਿ ਪਾਈ ਜੋ ਤੁਮਰੈ ਮਨਿ ਭਾਵਨਾ ॥੫॥ ਸੰਤ ਬਿਨਾ ਮੈ ਥਾਉ ਨ ਕੋਈ ਅਵਰ ਨ ਸੂਝੈ ਜਾਵਨਾ ॥੬॥ ਮੋਹਿ ਨਿਰਗੁਨ ਕਉ ਕੋਇ ਨ ਰਾਖੈ ਸੰਤਾ ਸੰਗਿ ਸਮਾਵਨਾ ॥੭॥ ਕਹੁ ਨਾਨਕ ਗੁਰਿ ਚਲਤੁ ਦਿਖਾਇਆ ਮਨ ਮਧੇ ਹਰਿ ਹਰਿ ਰਾਵਨਾ ॥੮॥੨॥੫॥ {ਪੰਨਾ ੧੦੧੮}

ਪਦ ਅਰਥ :—ਜੀ—ਹੇ (ਸਤਿਗੁਰ) ਜੀ! ਹਮਾਰੈ—ਮੇਰੇ (ਹਿਰਦੇ-ਘਰ) ਵਿਚ । ਜਸੁ—ਸਿਫ਼ਤਿ-ਸਾਲਾਹ । ਸ੍ਰਵਨ—ਕੰਨਾਂ ਨਾਲ । ਸੁਨਾਵਨਾ—ਸੁਣਾ ।੧।ਰਹਾਉ।

ਹਰਿਆ—ਜਿੰਦ ਵਾਲਾ, ਆਤਮਕ ਜੀਵਨ ਵਾਲਾ । ਤੁਮ ਸੰਗਿ—ਤੇਰੀ ਸੰਗਤਿ ਵਿਚ ।੧।

ਸੰਤ ਕ੍ਰਿਪਾ ਤੇ—ਗੁਰੂ ਦੀ ਕਿਰਪਾ ਨਾਲ । ਤੇ—ਤੋਂ, ਨਾਲ । ਹਿਰਦੈ—ਹਿਰਦੇ ਵਿਚ । ਵਾਸੈ—ਵੱਸ ਪੈਂਦਾ ਹੈ । ਦੂਜਾ ਭਾਉ—ਮਾਇਆ ਦਾ ਪਿਆਰ ।੨।

ਤੇ—ਤੋਂ, ਦੀ ਰਾਹੀਂ । ਪਰਗਾਸੈ—ਚਮਕ ਪੈਂਦੀ ਹੈ । ਬੁਧਿ ਪਰਗਾਸੈ—ਆਤਮਕ ਜੀਵਨ ਦੀ ਸੂਝ ਆ ਜਾਂਦੀ ਹੈ । ਦੁਰਮਤਿ—ਖੋਟੀ ਮਤਿ । ਦੂਖ—ਐਬ, ਵਿਕਾਰ । ਤਜਾਵਨਾ—ਤਿਆਗੇ ਜਾਂਦੇ ਹਨ ।੩।

ਭੇਟਤ—ਮਿਲਦਿਆਂ, ਕਰਦਿਆਂ । ਪੁਨੀਤਾ—ਪਵਿੱਤਰ । ਪੁਨਰਪਿ—{ਪੁਨ: ਅਪਿ} । ਫਿਰ ਭੀ, ਫਿਰ ਫਿਰ । ਗਰਭਿ—ਗਰਭ ਵਿਚ, ਜੂਨਾਂ ਦੇ ਗੇੜ ਵਿਚ ।੪।

ਨਉਨਿਧਿ—ਦੁਨੀਆ ਦੇ ਸਾਰੇ ਹੀ ਨੌ ਖ਼ਜ਼ਾਨੇ । ਰਿਧਿ ਸਿਧਿ—ਕਰਾਮਾਤੀ ਤਾਕਤਾਂ । ਤੁਮਰੈ ਮਨਿ—ਤੇਰੇ ਮਨ ਵਿਚ । ਭਾਵਨਾ—ਪਿਆਰਾ ਲੱਗਦਾ ਹੈ ।੫।

ਸੰਤ ਬਿਨਾ—ਗੁਰੂ ਤੋਂ ਬਿਨਾ । ਮੈ—ਮੈਨੂੰ । ਅਵਰ—ਕਿਸੇ ਹੋਰ ਥਾਂ । ਨ ਸੁਝੈ ਜਾਵਨਾ—ਜਾਣਾ ਨਹੀਂ ਸੁੱਝਦਾ ।੬।

ਮੋਹਿ—ਮੈਨੂੰ । ਨਿਰਗੁਨ ਕਉ—ਗੁਣ-ਹੀਨ ਨੂੰ । ਸੰਤਾ ਸੰਗਿ—ਸੰਤ ਜਨਾਂ ਦੀ ਸੰਗਤਿ ਵਿਚ ।੭।

ਕਹੁ—ਆਖ । ਨਾਨਕ—ਹੇ ਨਾਨਕ ! ਗੁਰਿ—ਗੁਰੂ ਨੇ । ਚਲਤੁ—ਕੌਤਕ, ਅਜਬ ਖੇਡ । ਮਧੇ—ਵਿਚ । ਰਵਨਾ—ਆਨੰਦ ਮਾਣਨਾ ।੮।

ਅਰਥ :—ਹੇ ਪਿਆਰੇ ਗੁਰੂ ! ਆ । ਮੇਰੇ ਹਿਰਦੇ-ਘਰ ਵਿਚ ਆ ਵੱਸ, ਤੇ, ਮੇਰੇ ਕੰਨਾਂ ਵਿਚ ਪਰਮਾਤਮਾ ਦੀ ਸਿਫ਼ਤਿ-ਸਾਲਾਹ ਸੁਣਾ ।੧।ਰਹਾਉ।

ਹੇ ਪਿਆਰੇ ਗੁਰੂ ! ਤੇਰੇ ਆਇਆਂ ਮੇਰਾ ਮਨ ਮੇਰਾ ਤਨ ਆਤਮਕ ਜੀਵਨ ਵਾਲਾ ਹੋ ਜਾਂਦਾ ਹੈ । ਹੇ ਸਤਿਗੁਰੂ ! ਤੇਰੇ ਚਰਨਾਂ ਵਿਚ ਰਹਿ ਕੇ ਹੀ ਪਰਮਾਤਮਾ ਦਾ ਜਸ ਗਾਇਆ ਜਾ ਸਕਦਾ ਹੈ ।੧।

ਹੇ ਭਾਈ ! ਗੁਰੂ ਦੀ ਮਿਹਰ ਨਾਲ ਪਰਮਾਤਮਾ ਹਿਰਦੇ ਵਿਚ ਆ ਵੱਸਦਾ ਹੈ, ਤੇ ਮਾਇਆ ਦਾ ਮੋਹ ਦੂਰ ਕੀਤਾ ਜਾ ਸਕਦਾ ਹੈ ।੨।

ਹੇ ਭਾਈ ! ਪਰਮਾਤਮਾ ਦੇ ਭਗਤ ਦੀ ਕਿਰਪਾ ਨਾਲ ਬੁੱਧੀ ਵਿਚ ਆਤਮਕ ਜੀਵਨ ਦਾ ਚਾਨਣ ਹੋ ਜਾਂਦਾ ਹੈ, ਖੋਟੀ ਮਤਿ ਦੇ ਸਾਰੇ ਵਿਕਾਰ ਤਿਆਗੇ ਜਾਂਦੇ ਹਨ ।੩।

ਹੇ ਭਾਈ ! ਗੁਰੂ ਦਾ ਦਰਸਨ ਕਰਦਿਆਂ ਜੀਵਨ ਪਵਿੱਤਰ ਹੋ ਜਾਂਦਾ ਹੈ, ਮੁੜ ਮੁੜ ਜੂਨਾਂ ਦੇ ਗੇੜ ਵਿਚ ਨਹੀਂ ਪਈਦਾ ।੪।

ਹੇ ਪ੍ਰਭੂ ! ਜਿਹੜਾ (ਵਡਭਾਗੀ) ਮਨੁੱਖ ਤੇਰੇ ਮਨ ਵਿਚ ਪਿਆਰਾ ਲੱਗਣ ਲੱਗ ਪੈਂਦਾ ਹੈ, ਉਹ, (ਮਾਨੋ) ਦੁਨੀਆ ਦੇ ਸਾਰੇ ਹੀ ਨੌ ਖ਼ਜ਼ਾਨੇ ਅਤੇ ਕਰਾਮਾਤੀ ਤਾਕਤਾਂ ਹਾਸਲ ਕਰ ਲੈਂਦਾ ਹੈ ।੫।

ਹੇ ਭਾਈ ! ਗੁਰੂ ਤੋਂ ਬਿਨਾ ਮੇਰਾ ਹੋਰ ਕੋਈ ਆਸਰਾ ਨਹੀਂ, ਕਿਸੇ ਹੋਰ ਥਾਂ ਜਾਣਾ ਮੈਨੂੰ ਨਹੀਂ ਸੁੱਝਦਾ ।੬।

ਹੇ ਭਾਈ ! ਮੇਰੀ ਗੁਣ-ਹੀਨ ਦੀ (ਗੁਰੂ ਤੋਂ ਬਿਨਾ) ਹੋਰ ਕੋਈ ਬਾਂਹ ਨਹੀਂ ਫੜਦਾ । ਸੰਤ ਜਨਾਂ ਦੀ ਸੰਗਤਿ ਵਿਚ ਰਹਿ ਕੇ ਹੀ ਪ੍ਰਭੂ-ਚਰਨਾਂ ਵਿਚ ਲੀਨ ਹੋਈਦਾ ਹੈ ।੭।

ਹੇ ਨਾਨਕ ! ਆਖ—ਗੁਰੂ ਨੇ (ਮੈਨੂੰ) ਅਚਰਜ ਤਮਾਸ਼ਾ ਵਿਖਾ ਦਿੱਤਾ ਹੈ । ਮੈਂ ਆਪਣੇ ਮਨ ਵਿਚ ਹਰ ਵੇਲੇ ਪਰਮਾਤਮਾ ਦੇ ਮਿਲਾਪ ਦਾ ਆਨੰਦ ਮਾਣ ਰਿਹਾ ਹਾਂ ।੮।੨।੫।

ਮਾਰੂ ਮਹਲਾ ੫ ॥ ਜੀਵਨਾ ਸਫਲ ਜੀਵਨ ਸੁਨਿ ਹਰਿ ਜਪਿ ਜਪਿ ਸਦ ਜੀਵਨਾ ॥੧॥ ਰਹਾਉ ॥ ਪੀਵਨਾ ਜਿਤੁ ਮਨੁ ਆਘਾਵੈ ਨਾਮੁ ਅੰਮ੍ਰਿਤ ਰਸੁ ਪੀਵਨਾ ॥੧॥ ਖਾਵਨਾ ਜਿਤੁ ਭੂਖ ਨ ਲਾਗੈ ਸੰਤੋਖਿ ਸਦਾ ਤ੍ਰਿਪਤੀਵਨਾ ॥੨॥ ਪੈਨਣਾ ਰਖੁ ਪਤਿ ਪਰਮੇਸੁਰ ਫਿਰਿ ਨਾਗੇ ਨਹੀ ਥੀਵਨਾ ॥੩॥ ਭੋਗਨਾ ਮਨ ਮਧੇ ਹਰਿ ਰਸੁ ਸੰਤਸੰਗਤਿ ਮਹਿ ਲੀਵਨਾ ॥੪॥ ਬਿਨੁ ਤਾਗੇ ਬਿਨੁ ਸੂਈ ਆਨੀ ਮਨੁ ਹਰਿ ਭਗਤੀ ਸੰਗਿ ਸੀਵਨਾ ॥੫॥ ਮਾਤਿਆ ਹਰਿ ਰਸ ਮਹਿ ਰਾਤੇ ਤਿਸੁ ਬਹੁੜਿ ਨ ਕਬਹੂ ਅਉਖੀਵਨਾ ॥੬॥ ਮਿਲਿਓ ਤਿਸੁ ਸਰਬ ਨਿਧਾਨਾ ਪ੍ਰਭਿ ਕ੍ਰਿਪਾਲਿ ਜਿਸੁ ਦੀਵਨਾ ॥੭॥ ਸੁਖੁ ਨਾਨਕ ਸੰਤਨ ਕੀ ਸੇਵਾ ਚਰਣ ਸੰਤ ਧੋਇ ਪੀਵਨਾ ॥੮॥੩॥੬॥ {ਪੰਨਾ ੧੦੧੯}

ਪਦ ਅਰਥ :—ਸਫਲ—ਕਾਮਯਾਬ । ਸੁਨਿ—ਸੁਣ ਕੇ । ਜਪਿ—ਜਪ ਕੇ । ਸਦ—ਸਦਾ ।੧।ਰਹਾਉ।

ਜਿਤੁ—ਜਿਸ (ਪੀਣ) ਦੀ ਰਾਹੀਂ, ਜਿਸ ਦੇ ਪੀਣ ਨਾਲ । ਆਘਾਵੈ—ਰੱਜ ਜਾਂਦਾ ਹੈ । ਅੰਮ੍ਰਿਤ ਰਸੁ—ਆਤਮਕ ਜੀਵਨ ਦੇਣ ਵਾਲਾ ਨਾਮ-ਰਸ ।੧।

ਸੰਤੋਖਿ—ਸੰਤੋਖ ਵਿਚ । ਤ੍ਰਿਪਤੀਵਨਾ—ਰੱਜੇ ਰਹਿਣਾ ।੨।

ਰਖੁ ਪਤਿ ਪਰਮੇਸੁਰ—ਪਤੀ ਪਰਮੇਸਰ ਦੀ ਰੱਖ {ਬੰਬਈ ਵਾਲੇ ਪਾਸੇ ਸੋਹਾਗਣਾਂ ਸਿਰ ਉਤੇ ਕੱਪੜਾ ਨਹੀਂ ਲੈਂਦੀਆਂ, ਪਤੀ ਹੀ ਸਿਰ ਦਾ ਕੱਪੜਾ ਹੈ । ਵਿਧਵਾ ਕੱਪੜਾ ਲੈਂਦੀਆਂ ਹਨ} । ਥੀਵਨਾ—ਹੋਈਦਾ ਹੈ ।੩।

ਮਧੇ—ਵਿਚ । ਲੀਵਨਾ—ਲੀਹਣਾ, ਪੀਣਾ ।੪।

ਬਿਨੁ ਆਨੀ—ਲਿਆਉਣ ਤੋਂ ਬਿਨਾ । ਸੰਗਿ—ਨਾਲ ।੫।

ਮਾਤਿਆ—ਨਸ਼ੇ ਵਿਚ ਮਸਤ । ਰਾਤੇ—ਰੰਗੇ ਹੋਏ । ਅਉਖੀਵਨਾ—{ਅਵੰ—ਠੋ ਧਏਚਓ} ਘਟ ਜਾਣੀ ।੬।

ਸਰਬ ਨਿਧਾਨਾ—ਸਾਰੇ ਖ਼ਜ਼ਾਨਿਆਂ ਦਾ ਮਾਲਕ-ਹਰੀ । ਪ੍ਰਭਿ—ਪ੍ਰਭੂ ਨੇ । ਕ੍ਰਿਪਾਲਿ—ਕਿਰਪਾਲ ਨੇ । ਜਿਸੁ ਦੀਵਨਾ—ਜਿਸ ਨੂੰ ਦਿੱਤਾ ।੭।

ਧੋਇ—ਧੋ ਕੇ ।੮।

ਅਰਥ :—ਹੇ ਭਾਈ ! ਜੀਊਣ ਵਿਚੋਂ ਉਸ ਮਨੁੱਖ ਦਾ ਜੀਊਣਾ ਕਾਮਯਾਬ ਹੈ ਜਿਹੜਾ ਹਰਿ-ਨਾਮ ਸੁਣ ਕੇ ਸਦਾ ਹਰਿ-ਨਾਮ ਜਪ ਕੇ ਜੀਊਂਦਾ ਹੈ

।੧।ਰਹਾਉ।

ਹੇ ਭਾਈ! ਆਤਮਕ ਜੀਵਨ ਦੇਣ ਵਾਲਾ ਹਰਿ-ਨਾਮ ਰਸ ਪੀਣਾ ਚਾਹੀਦਾ ਹੈ, ਇਹ ਪੀਣ ਐਸਾ ਹੈ ਕਿ ਇਸ ਦੀ ਰਾਹੀਂ ਮਨ (ਮਾਇਆ ਦੀ ਤ੍ਰਿਸ਼ਨਾ ਵਲੋਂ) ਰੱਜਿਆ ਰਹਿੰਦਾ ਹੈ ।੧।

ਹੇ ਭਾਈ! ਨਾਮ-ਭੋਜਨ ਨੂੰ ਹੀ ਜਿੰਦ ਦੀ ਖ਼ੁਰਾਕ ਬਣਾਣਾ ਚਾਹੀਦਾ ਹੈ ਕਿਉਂਕਿ ਇਸ ਦੀ ਬਰਕਤਿ ਨਾਲ ਮਾਇਆ ਵਾਲੀ ਭੁੱਖ ਨਹੀਂ ਲੱਗਦੀ, ਸੰਤੋਖ ਵਿਚ ਸਦਾ ਰੱਜੇ ਰਹੀਦਾ ਹੈ ।੨।

ਹੇ ਜਿੰਦੇ! ਪਤੀ-ਪਰਮੇਸਰ ਦਾ ਨਾਮ-ਕੱਪੜਾ ਹੀ ਸਿਰ ਉੱਤੇ ਰੱਖ, ਫਿਰ ਕਦੇ ਸਿਰੋਂ ਨੰਗੇ ਨਹੀਂ ਹੋ ਸਕੀਦਾ ਹੈ ।੩।

ਹੇ ਭਾਈ! ਮਨ ਵਿਚ ਹਰਿ-ਨਾਮ ਰਸ ਨੂੰ ਹੀ ਮਾਣਨਾ ਚਾਹੀਦਾ ਹੈ, ਸੰਤਾਂ ਦੀ ਸੰਗਤਿ ਵਿਚ ਰਹਿ ਕੇ ਨਾਮ-ਰਸ ਹੀ ਪੀਣਾ ਚਾਹੀਦਾ ਹੈ ।੪।

ਹੇ ਭਾਈ! (ਕਿਸੇ ਸੁਈ ਦੀ ਲੋੜ ਨਹੀਂ ਪੈਂਦੀ, ਕਿਸੇ ਧਾਗੇ ਦੀ ਲੋੜ ਨਹੀਂ ਪੈਂਦੀ; ਜਿਉਂ ਜਿਉਂ ਨਾਮ ਜਪਦੇ ਰਹੀਏ) ਬਿਨਾ ਸੁਈ ਧਾਗਾ ਲਿਆਉਣ ਦੇ ਮਨ ਪਰਮਾਤਮਾ ਦੀ ਭਗਤੀ ਵਿਚ ਸੀਤਾ ਜਾਂਦਾ ਹੈ ।੫।

ਹੇ ਭਾਈ! ਜਿਹੜੇ ਮਨੁੱਖ ਪਰਮਾਤਮਾ ਦੇ ਨਾਮ-ਰਸ ਵਿਚ ਰੰਗੇ ਜਾਂਦੇ ਹਨ ਉਹ ਅਸਲ ਨਸ਼ੇ ਵਿਚ ਮਸਤ ਹਨ; ਇਹ ਨਸ਼ਾ ਮੁੜ ਕਦੇ ਭੀ ਘਟਦਾ ਨਹੀਂ ।੬।

ਪਰ, ਹੇ ਭਾਈ! ਕਿਰਪਾਲ ਪ੍ਰਭੂ ਨੇ ਆਪ ਜਿਸ ਜੀਵ ਨੂੰ ਇਹ ਨਾਮ-ਦਾਤਿ ਦਿੱਤੀ ਉਸ ਨੂੰ ਹੀ ਸਾਰੇ ਖ਼ਜ਼ਾਨਿਆਂ ਦਾ ਮਾਲਕ (ਪ੍ਰਭੂ) ਮਿਲ ਪਿਆ ।੭।

ਹੇ ਨਾਨਕ! ਅਸਲ ਆਤਮਕ ਆਨੰਦ ਸੰਤ ਜਨਾਂ ਦੀ ਸੇਵਾ ਕਰਨ ਵਿਚ ਹੀ ਹੈ, ਸੰਤਾਂ ਦੇ ਚਰਨ ਧੋ ਕੇ ਪੀਣ ਵਿਚ ਹੈ (ਭਾਵ, ਗ਼ਰੀਬੀ-ਭਾਵ ਨਾਲ ਸੰਤਾਂ ਦੀ ਸੇਵਾ ਵਿਚ ਹੀ ਸੁਖ ਹੈ) ।੮।੩।੬।

ਮਾਰੂ ਮਹਲਾ ੫ ਘਰੁ ੮ ਅੰਜੁਲੀਆ
ੴ ਸਤਿਗੁਰ ਪ੍ਰਸਾਦਿ ॥ ਜਿਸੁ ਗ੍ਰਿਹਿ ਬਹੁਤੁ ਤਿਸੈ ਗ੍ਰਿਹਿ ਚਿੰਤਾ ॥ ਜਿਸੁ ਗ੍ਰਿਹਿ ਥੋਰੀ ਸੁ ਫਿਰੈ ਭ੍ਰਮੰਤਾ ॥ ਦੁਹੂ ਬਿਵਸਥਾ ਤੇ ਜੋ ਮੁਕਤਾ ਸੋਈ ਸੁਹੇਲਾ ਭਾਲੀਐ ॥੧॥ ਗ੍ਰਿਹ ਰਾਜ ਮਹਿ ਨਰਕੁ ਉਦਾਸ ਕਰੋਧਾ ॥ ਬਹੁ ਬਿਧਿ ਬੇਦ ਪਾਠ ਸਭਿ ਸੋਧਾ ॥ ਦੇਹੀ ਮਹਿ ਜੋ ਰਹੈ ਅਲਿਪਤਾ ਤਿਸੁ ਜਨ ਕੀ ਪੂਰਨ ਘਾਲੀਐ ॥੨॥ ਜਾਗਤ ਸੂਤਾ ਭਰਮਿ ਵਿਗੂਤਾ ॥ ਬਿਨੁ ਗੁਰ ਮੁਕਤਿ ਨ ਹੋਈਐ ਮੀਤਾ ॥ ਸਾਧ ਸੰਗਿ ਤੁਟਹਿ ਹਉ ਬੰਧਨ ਏਕੋ ਏਕੁ ਨਿਹਾਲੀਐ ॥੩॥ ਕਰਮ ਕਰੈ ਤ ਬੰਧਾ ਨਹ ਕਰੈ ਤ ਨਿੰਦਾ ॥ ਮੋਹ ਮਗਨ ਮਨੁ ਵਿਆਪਿਆ ਚਿੰਦਾ ॥ ਗੁਰ ਪ੍ਰਸਾਦਿ ਸੁਖੁ ਦੁਖੁ ਸਮ ਜਾਣੈ ਘਟਿ ਘਟਿ ਰਾਮੁ ਹਿਆਲੀਐ ॥੪॥ {ਪੰਨਾ ੧੦੧੯}

ਪਦ ਅਰਥ :—ਜਿਸੁ ਗ੍ਰਿਹਿ—ਜਿਸ ਮਨੁੱਖ ਦੇ ਘਰ ਵਿਚ । ਤਿਸੈ ਗ੍ਰਿਹਿ—ਉਸੇ ਦੇ (ਹਿਰਦੇ-) ਘਰ ਵਿਚ । ਸੁ—ਉਹ ਮਨੁੱਖ । ਭ੍ਰਮੰਤਾ—ਭਟਕਦਾ । ਬਿਵਸਥਾ—ਦਸ਼ਾ, ਹਾਲਤ । ਤੇ—ਤੋਂ । ਮੁਕਤਾ—ਸੁਤੰਤਰ, ਆਜ਼ਾਦ, ਬਚਿਆ ਹੋਇਆ । ਸੁਹੇਲਾ—ਸੁਖੀ । ਭਾਲੀਐ—ਵੇਖੀਦਾ ਹੈ ।੧।

ਗ੍ਰਿਹ ਰਾਜ ਮਹਿ—ਗ੍ਰਿਹਸਤ ਦੇ ਐਸ਼੍ਵਰਜ ਵਿਚ (ਫਸਿਆ ਹੋਇਆ) । ਉਦਾਸ—ਉਦਾਸ ਮਹਿ, ਤਿਆਗੀ ਬਾਣੇ ਵਿਚ । ਬਹੁ ਬਿਧਿ—ਕਈ ਤਰੀਕਿਆਂ ਨਾਲ । ਸਭਿ—ਸਾਰੇ । ਦੇਹੀ ਮਹਿ—ਸਰੀਰ ਦੇ ਵਿਚ ਹੀ, ਸਰੀਰ ਦੀ ਖ਼ਾਤਰ ਕਿਰਤ ਕਰਦਿਆਂ ਹੀ । ਅਲਿਪਤਾ—ਨਿਰਲੇਪ । ਘਾਲੀਐ—ਘਾਲ, ਮਿਹਨਤ ।੨।

ਜਾਗਤ ਸੂਤਾ—ਜਾਗਦਾ ਸੁੱਤਾ ਹਰ ਵੇਲੇ । ਭਰਮਿ—ਭਟਕਣਾ ਵਿਚ । ਵਿਗੂਤਾ—ਖ਼ੁਆਰ ਹੁੰਦਾ ਹੈ । ਮੁਕਤਿ—ਖ਼ਲਾਸੀ । ਮੀਤਾ—ਹੇ ਮਿੱਤਰ! ਸਾਧ ਸੰਗਿ—ਗੁਰੂ ਦੀ ਸੰਗਤਿ ਵਿਚ । ਤੁਟਹਿ—ਟੁੱਟ ਜਾਂਦੇ ਹਨ । ਹਉ ਬੰਧਨ—ਹਉਮੈ ਦੇ ਬੰਧਨ । ਨਿਹਾਲੀਐ—ਵੇਖ ਲਈਦਾ ਹੈ ।੩।

ਕਰਮ—(ਕਰਮ ਕਾਂਡ ਅਨੁਸਾਰ ਮਿਥੇ ਹੋਏ ਧਾਰਮਿਕ) ਕੰਮ । ਬੰਧਾ—ਬੱਝ ਜਾਂਦਾ ਹੈ । ਮਗਨ—ਡੁੱਬਾ ਹੋਇਆ । ਚਿੰਦਾ—ਚਿੰਤਾ । ਵਿਆਪਿਆ—ਦਬਾਇਆ ਹੋਇਆ । ਗੁਰ ਪ੍ਰਸਾਦਿ—ਗੁਰੂ ਦੀ ਕਿਰਪਾ ਨਾਲ । ਸਮ—ਇਕੋ ਜਿਹਾ । ਜਾਣੈ—(ਜਿਹੜਾ ਮਨੁੱਖ) ਜਾਣਦਾ ਹੈ । ਘਟਿ ਘਟਿ—ਹਰੇਕ ਘਟ ਵਿਚ । ਹਿਆਲੀਐ—ਨਿਹਾਰੀਐ, ਹੇਰੀਐ, ਵੇਖਦਾ ਹੈ ।੪।

ਅਰਥ :—ਹੇ ਭਾਈ! ਜਿਸ ਮਨੁੱਖ ਦੇ ਘਰ ਵਿਚ ਬਹੁਤ ਮਾਇਆ ਹੁੰਦੀ ਹੈ, ਉਸ ਮਨੁੱਖ ਦੇ (ਹਿਰਦੇ-) ਘਰ ਵਿਚ (ਹਰ ਵੇਲੇ) ਚਿੰਤਾ ਰਹਿੰਦੀ ਹੈ (ਕਿ ਕਿਤੇ ਖੁੱਸ ਨਾਹ ਜਾਏ) । ਜਿਸ ਮਨੁੱਖ ਦੇ ਘਰ ਵਿਚ ਥੋੜੀ ਮਾਇਆ ਹੈ ਉਹ ਮਨੁੱਖ (ਮਾਇਆ ਦੀ ਖ਼ਾਤਰ) ਭਟਕਦਾ ਫਿਰਦਾ ਹੈ । ਜਿਹੜਾ ਮਨੁੱਖ ਇਹਨਾਂ ਦੋਹਾਂ ਹਾਲਤਾਂ ਤੋਂ ਬਚਿਆ ਰਹਿੰਦਾ ਹੈ, ਉਹੀ ਮਨੁੱਖ ਸੌਖਾ ਵੇਖੀਦਾ ਹੈ ।੧।

ਹੇ ਭਾਈ! ਜਿਹੜਾ ਮਨੁੱਖ ਗ੍ਰਿਹਸਤ ਦੇ ਐਸ਼੍ਵਰਜ ਵਿਚ ਰੁੱਝਾ ਹੋਇਆ ਹੈ, ਉਹ (ਅਸਲ ਵਿਚ) ਨਰਕ (ਭੋਗ ਰਿਹਾ ਹੈ); ਜਿਹੜਾ ਮਨੁੱਖ (ਗ੍ਰਿਹਸਤ ਦੇ ਜੰਜਾਲਾਂ ਦਾ) ਤਿਆਗ ਕਰ ਗਿਆ ਹੈ ਉਹ ਸਦਾ ਕ੍ਰੋਧ ਦਾ ਸ਼ਿਕਾਰ ਹੋਇਆ ਰਹਿੰਦਾ ਹੈ, ਭਾਵੇਂ ਉਸ ਨੇ ਕਈ ਤਰੀਕਿਆਂ ਨਾਲ ਸਾਰੇ ਵੇਦ-ਪਾਠ ਸੋਧੇ ਹੋਣ । ਹੇ ਭਾਈ! ਉਸ ਮਨੁੱਖ ਦੀ ਹੀ ਮਿਹਨਤ ਸਿਰੇ ਚੜ੍ਹਦੀ ਹੈ ਜੋ ਸਰੀਰ ਦੀ ਖ਼ਾਤਰ ਕਿਰਤ-ਕਾਰ ਕਰਦਿਆਂ ਹੀ (ਮਾਇਆ ਵਲੋਂ) ਨਿਰਲੇਪ ਰਹਿੰਦਾ ਹੈ ।੨।

ਹੇ ਭਾਈ! (ਜਿਹੜਾ ਮਨੁੱਖ ਹਉਮੈ ਦੇ ਬੰਧਨਾਂ ਨਾਲ ਬੱਝਾ ਪਿਆ ਹੈ ਉਹ) ਜਾਗਦਾ ਸੁੱਤਾ ਹਰ ਵੇਲੇ ਹੀ ਭਟਕਣਾ ਵਿਚ ਪੈ ਕੇ ਖ਼ੁਆਰ ਹੁੰਦਾ ਹੈ । ਹੇ ਮਿੱਤਰ! ਗੁਰੂ ਦੀ ਸਰਨ ਤੋਂ ਬਿਨਾ ਇਹਨਾਂ ਬੰਧਨਾਂ ਤੋਂ ਖ਼ਲਾਸੀ ਨਹੀਂ ਹੁੰਦੀ । ਜਿਸ ਮਨੁੱਖ ਦੇ ਹਉਮੈ ਦੇ ਬੰਧਨ ਗੁਰੂ ਦੀ ਸੰਗਤਿ ਵਿਚ ਟਿਕ ਕੇ ਟੁੱਟ ਜਾਂਦੇ ਹਨ, ਉਹ ਹਰ ਥਾਂ ਇਕ ਪਰਮਾਤਮਾ ਨੂੰ ਹੀ ਵੇਖਦਾ ਹੈ ।੩।

ਹੇ ਭਾਈ! (ਜਿਹੜਾ ਮਨੁੱਖ ਸ਼ਾਸਤ੍ਰਾਂ ਅਨੁਸਾਰ ਮਿਥੇ ਹੋਏ ਧਾਰਮਿਕ) ਕਰਮ ਕਰਦਾ ਰਹਿੰਦਾ ਹੈ ਉਹ ਇਹਨਾਂ ਕਰਮਾਂ ਦੇ ਜਾਲ ਵਿਚ ਜਕੜਿਆ ਰਹਿੰਦਾ ਹੈ, ਤੇ, ਜੇ ਉਹ ਕਿਸੇ ਵੇਲੇ ਇਹ ਕਰਮ ਨਹੀਂ ਕਰਦਾ, ਤਾਂ ਕਰਮ-ਕਾਂਡੀ ਲੋਕ ਉਸ ਦੀ ਨਿੰਦਾ ਕਰਦੇ ਹਨ । ਸੋ, ਉਸ ਦਾ ਮਨ ਮੋਹ ਵਿਚ ਡੁੱਬਾ ਰਹਿੰਦਾ ਹੈ ਚਿੰਤਾ ਨਾਲ ਨੱਪਿਆ ਰਹਿੰਦਾ ਹੈ । ਹੇ ਭਾਈ! ਗੁਰੂ ਦੀ ਕਿਰਪਾ ਨਾਲ ਜਿਹੜਾ ਮਨੁੱਖ ਸੁਖ ਅਤੇ ਦੁੱਖ ਨੂੰ ਇਕੋ ਜਿਹਾ ਸਮਝਦਾ ਹੈ ਉਹ ਹਰੇਕ ਸਰੀਰ ਵਿਚ

ਇਕੋ ਪ੍ਰਭੂ ਨੂੰ ਵੱਸਦਾ ਵੇਖਦਾ ਹੈ ।੪।

ਸੰਸਾਰੈ ਮਹਿ ਸਹਸਾ ਬਿਆਪੈ ॥ ਅਕਥ ਕਥਾ ਅਗੋਚਰ ਨਹੀ ਜਾਪੈ ॥ ਜਿਸਹਿ ਬੁਝਾਏ ਸੋਈ ਬੂਝੈ ਓਹੁ ਬਾਲਕ ਵਾਗੀ ਪਾਲੀਐ ॥੫॥ ਛੋਡਿ ਬਹੈ ਤਉ ਛੂਟੈ ਨਾਹੀ ॥ ਜਉ ਸੰਚੈ ਤਉ ਭਉ ਮਨ ਮਾਹੀ ॥ ਇਸ ਹੀ ਮਹਿ ਜਿਸ ਕੀ ਪਤਿ ਰਾਖੈ ਤਿਸੁ ਸਾਧੂ ਚਉਰੁ ਢਾਲੀਐ ॥੬॥ ਜੋ ਸੂਰਾ ਤਿਸ ਹੀ ਹੋਇ ਮਰਣਾ ॥ ਜੋ ਭਾਗੈ ਤਿਸੁ ਜੋਨੀ ਫਿਰਣਾ ॥ ਜੋ ਵਰਤਾਏ ਸੋਈ ਭਲ ਮਾਨੈ ਬੁਝਿ ਹੁਕਮੈ ਦੁਰਮਤਿ ਜਾਲੀਐ ॥੭॥ ਜਿਤੁ ਜਿਤੁ ਲਾਵਹਿ ਤਿਤੁ ਤਿਤੁ ਲਗਨਾ ॥ ਕਰਿ ਕਰਿ ਵੇਖੈ ਅਪਣੇ ਜਚਨਾ ॥ ਨਾਨਕ ਕੇ ਪੂਰਨ ਸੁਖਦਾਤੇ ਤੂ ਦੇਹਿ ਤ ਨਾਮੁ ਸਮਾਲੀਐ ॥੮॥੧॥੭॥ {ਪੰਨਾ ੧੦੧੯}

ਪਦ ਅਰਥ :—ਸੰਸਾਰੈ ਮਹਿ—ਜਗਤ ਦੇ ਧੰਧਿਆਂ ਵਿਚ । ਸਹਸਾ—ਸਹਮ । ਵਿਆਪੈ—ਜ਼ੋਰ ਪਾਈ ਰੱਖਦਾ ਹੈ । ਅਕਥ—ਜਿਸ ਦਾ ਸਹੀ ਸਰੂਪ ਦੱਸਿਆ ਨਾਹ ਜਾ ਸਕੇ । ਅਗੋਚਰ—ਜੋ ਇੰਦ੍ਰਿਆਂ ਦੀ ਪਹੁੰਚ ਤੋਂ ਪਰੇ ਹੈ । ਕਥਾ—ਸਿਫ਼ਤਿ-ਸਾਲਾਹ ਦੀ ਗੱਲ । ਜਾਪੈ—ਸੁੱਝਦੀ । ਜਿਸਹਿ—{ਕ੍ਰਿਆ ਵਿਸ਼ੇਸ਼ਣ 'ਹੀ' ਦੇ ਕਾਰਨ ਲਫ਼ਜ਼ 'ਜਿਸੁ' ਦਾ ੁ ਉੱਡ ਗਿਆ ਹੈ} । ਓਹੁ—ਉਹ ਜੀਵ । ਵਾਗੀ—ਵਾਂਗ ।੫।

ਛੂਟੈ ਨਾਹੀ—ਖ਼ਲਾਸੀ ਨਹੀਂ ਕਰਦੀ । ਸੰਚੈ—ਇਕੱਠੀ ਕਰਦਾ ਜਾਏ । ਮਾਹੀ—ਵਿਚ । ਇਸ ਹੀ ਮਹਿ—ਇਸ ਮਾਇਆ ਦੇ ਵਿਚ ਰਹਿੰਦਿਆਂ ਹੀ {ਕ੍ਰਿਆ ਵਿਸ਼ੇਸ਼ਣ 'ਹੀ' ਦੇ ਕਾਰਨ ਲਫ਼ਜ਼ 'ਇਸੁ' ਦਾ ੁ ਉੱਡ ਗਿਆ ਹੈ} । ਜਿਸ ਕੀ—{ਸੰਬੰਧਕ 'ਕੀ' ਦੇ ਕਾਰਨ ਲਫ਼ਜ਼ 'ਜਿਸੁ' ਦਾ ੁ ਉੱਡ ਗਿਆ ਹੈ} । ਪਤਿ—ਇੱਜ਼ਤ । ਢਾਲੀਐ—ਝੁਲਾਇਆ ਜਾਂਦਾ ਹੈ ।੬।

ਸੂਰਾ—ਸੂਰਮਾ (ਮਾਇਆ ਦੇ ਟਾਕਰੇ ਤੇ) । ਮਰਣਾ—ਮੌਤ, ਵਿਕਾਰਾਂ ਵਲੋਂ ਮੌਤ, ਉਪਰਾਮਤਾ । ਭਾਗੈ—ਭਾਂਜ ਖਾ ਜਾਏ । ਭਲ ਮਾਨੈ—ਠੀਕ ਮੰਨਦਾ ਹੈ । ਬੁਝਿ—ਸਮਝ ਕੇ । ਦੁਰਮਤਿ—ਖੋਟੀ ਮਤਿ । ਜਾਲੀਐ—ਜਾਲੀ ਹੈ, ਸਾੜ ਦਿੱਤੀ ਹੈ ।੭।

ਜਿਤੁ ਜਿਤੁ—ਜਿਸ ਜਿਸ ਕੰਮ ਵਿਚ । ਲਾਵਹਿ—ਤੂੰ ਲਾਂਦਾ ਹੈਂ (ਹੇ ਪ੍ਰਭੂ!) । ਕਰਿ—ਕਰ ਕੇ । ਵੇਖੈ—ਵੇਖਦਾ ਹੈ (ਪਰਮਾਤਮਾ) । ਜਚਨਾ—ਜਚੇ ਹੋਏ ਖ਼ਿਆਲ, ਉਹ ਕੰਮ ਜੋ ਉਸ ਨੂੰ ਪਸੰਦ ਆਉਂਦੇ ਹਨ । ਸੁਖ ਦਾਤੇ—ਹੇ ਸੁਖ ਦੇਣ ਵਾਲੇ! ਸਮਾਲੀਐ—ਯਾਦ ਕੀਤਾ ਜਾ ਸਕਦਾ ਹੈ ।੮।

ਅਰਥ :—ਹੇ ਭਾਈ! ਜਗਤ (ਦੇ ਧੰਧਿਆਂ) ਵਿਚ (ਮਨੁੱਖ ਨੂੰ ਕੋਈ ਨ ਕੋਈ) ਸਹਮ ਨੱਪੀ ਹੀ ਰੱਖਦਾ ਹੈ; ਉਸ ਨੂੰ ਅਕੱਥ ਅਗੋਚਰ ਪਰਮਾਤਮਾ ਦੀ ਸਿਫ਼ਤਿ-ਸਾਲਾਹ ਸੁੱਝਦੀ ਹੀ ਨਹੀਂ । (ਪਰ ਜੀਵ ਦੇ ਕੀਹ ਵੱਸ?) ਉਹੀ ਮਨੁੱਖ (ਜੀਵਨ ਦਾ ਸਹੀ ਰਸਤਾ) ਸਮਝਦਾ ਹੈ ਜਿਸ ਨੂੰ ਪਰਮਾਤਮਾ ਆਪ ਬਖ਼ਸ਼ਦਾ ਹੈ । ਉਸ ਮਨੁੱਖ ਨੂੰ ਪਰਮਾਤਮਾ ਬੱਚੇ ਵਾਂਗ ਪਾਲਦਾ ਹੈ ।੫।

ਹੇ ਭਾਈ! (ਜਦੋਂ ਕੋਈ ਮਨੁੱਖ ਤਿਆਗੀ ਬਣ ਕੇ ਮਾਇਆ ਨੂੰ ਆਪਣੇ ਵੱਲੋਂ) ਛੱਡ ਬੈਠਦਾ ਹੈ ਤਦੋਂ (ਭੀ ਮਾਇਆ) ਖ਼ਲਾਸੀ ਨਹੀਂ ਕਰਦੀ । ਜਦੋਂ ਕੋਈ ਮਨੁੱਖ ਮਾਇਆ ਇਕੱਠੀ ਕਰਦਾ ਜਾਂਦਾ ਹੈ ਤਦੋਂ (ਇਕੱਠੀ ਕਰਨ ਵਾਲੇ ਦੇ) ਮਨ ਵਿਚ ਡਰ ਬਣਿਆ ਰਹਿੰਦਾ ਹੈ (ਕਿ ਕਿਤੇ ਹੱਥੋਂ ਚਲੀ ਨਾਹ ਜਾਏ) । ਇਸ ਮਾਇਆ ਦੇ ਵਿਚ ਰਹਿੰਦਿਆਂ ਹੀ ਪਰਮਾਤਮਾ ਆਪ ਜਿਸ ਮਨੁੱਖ ਦੀ ਇੱਜ਼ਤ ਰੱਖਦਾ ਹੈ, ਉਸ ਗੁਰਮੁਖ ਦੇ ਸਿਰ ਉਤੇ ਚੰਵਰ ਝੁਲਾਇਆ ਜਾਂਦਾ ਹੈ ।੬।

ਹੇ ਭਾਈ! ਜਿਹੜਾ ਮਨੁੱਖ ਮਾਇਆ ਦੇ ਟਾਕਰੇ ਤੇ ਸੂਰਮਾ ਬਣਦਾ ਹੈ ਉਸੇ ਨੂੰ ਹੀ ਮਾਇਆ ਵਲੋਂ ਉਪਰਾਮਤਾ ਮਿਲਦੀ ਹੈ; ਪਰ ਜਿਹੜਾ ਮਨੁੱਖ (ਮਾਇਆ ਤੋਂ) ਭਾਂਜ ਖਾ ਜਾਂਦਾ ਹੈ ਉਸ ਨੂੰ ਅਨੇਕਾਂ ਜੂਨਾਂ ਵਿਚ ਭਟਕਣਾ ਪੈਂਦਾ ਹੈ । (ਸੂਰਮਾ ਮਨੁੱਖ) ਉਸੇ ਭਾਣੇ ਨੂੰ ਮਿੱਠਾ ਕਰਕੇ ਮੰਨਦਾ ਹੈ ਜਿਹੜਾ ਭਾਣਾ ਪਰਮਾਤਮਾ ਵਰਤਾਂਦਾ ਹੈ; ਉਹ ਮਨੁੱਖ ਰਜ਼ਾ ਨੂੰ ਸਮਝ ਕੇ (ਆਪਣੇ ਅੰਦਰੋਂ) ਖੋਟੀ ਮਤਿ ਨੂੰ ਸਾੜ ਦੇਂਦਾ ਹੈ ।੭।

ਹੇ ਪ੍ਰਭੂ! ਤੂੰ ਜਿਸ ਜਿਸ ਕੰਮ ਵਿਚ ਜੀਵਾਂ ਨੂੰ ਲਾਂਦਾ ਹੈਂ, ਉਸੇ ਉਸੇ ਕੰਮ ਵਿਚ ਜੀਵ ਲੱਗਦੇ ਹਨ । ਹੇ ਭਾਈ! ਪਰਮਾਤਮਾ ਆਪਣੀ ਮਰਜ਼ੀ ਦੇ ਕੰਮ ਕਰ ਕਰ ਕੇ ਆਪ ਹੀ ਉਹਨਾਂ ਨੂੰ ਵੇਖਦਾ ਹੈ ।

ਹੇ ਨਾਨਕ ਨੂੰ ਸਾਰੇ ਸੁਖ ਦੇਣ ਵਾਲੇ ਪ੍ਰਭੂ! ਜੇ ਤੂੰ (ਆਪਣੇ ਨਾਮ ਦੀ ਦਾਤਿ) ਦੇਵੇਂ ਤਾਂ ਹੀ ਤੇਰਾ ਨਾਮ ਹਿਰਦੇ ਵਿਚ ਵਸਾਇਆ ਜਾ ਸਕਦਾ ਹੈ ।੮।੧।੭।

ਮਾਰੂ ਮਹਲਾ ੫ ॥ ਬਿਰਖੈ ਹੇਠਿ ਸਭਿ ਜੰਤ ਇਕਠੇ ॥ ਇਕਿ ਤਤੇ ਇਕਿ ਬੋਲਨਿ ਮਿਠੇ ॥ ਅਸਤੁ ਉਦੋਤੁ ਭਇਆ ਉਠਿ ਚਲੇ ਜਿਉ ਜਿਉ ਅਉਧ ਵਿਹਾਣੀਆ ॥੧॥ ਪਾਪ ਕਰੇਦੜ ਸਰਪਰ ਮੁਠੇ ॥ ਅਜਰਾਈਲਿ ਫੜੇ ਫੜਿ ਕੁਠੇ ॥ ਦੋਜਕਿ ਪਾਏ ਸਿਰਜਣਹਾਰੈ ਲੇਖਾ ਮੰਗੈ ਬਾਣੀਆ ॥੨॥ ਸੰਗਿ ਨ ਕੋਈ ਭਈਆ ਬੇਬਾ ॥ ਮਾਲੁ ਜੋਬਨੁ ਧਨੁ ਛੋਡਿ ਵਞੇਸਾ ॥ ਕਰਣ ਕਰੀਮ ਨ ਜਾਤੋ ਕਰਤਾ ਤਿਲ ਪੀੜੇ ਜਿਉ ਘਾਣੀਆ ॥੩॥ ਖੁਸਿ ਖੁਸਿ ਲੈਦਾ ਵਸਤੁ ਪਰਾਈ ॥ ਵੇਖੈ ਸੁਣੇ ਤੇਰੈ ਨਾਲਿ ਖੁਦਾਈ ॥ ਦੁਨੀਆ ਲਬਿ ਪਇਆ ਖਾਤ ਅੰਦਰਿ ਅਗਲੀ ਗਲ ਨ ਜਾਣੀਆ ॥੪॥ {ਪੰਨਾ ੧੦੧੯-੧੦੨੦}

ਪਦ ਅਰਥ :—ਬਿਰਖ—ਰੁੱਖ । ਸਭਿ—ਸਾਰੇ । ਇਕਿ—{ਲਫ਼ਜ਼ 'ਇਕ' ਤੋਂ ਬਹੁ-ਵਚਨ} । ਤਤੇ—ਖਰ੍ਹਵੇ, ਤਿੱਖੇ । ਬੋਲਨਿ—ਬੋਲਦੇ ਹਨ । ਅਸਤੁ—ਡੁੱਬਾ ਹੋਇਆ (ਸੂਰਜ) । ਉਦੋਤੁ ਭਇਆ—ਉਦੈ ਹੁੰਦਾ ਹੈ, ਅਕਾਸ਼ ਵਿਚ ਚੜ੍ਹ ਪੈਂਦਾ ਹੈ । ਉਠਿ—ਉੱਠ ਕੇ । ਅਉਧ—ਉਮਰ । ਵਿਹਾਣੀਆ—ਬੀਤ ਜਾਂਦੀ ਹੈ ।੧।

ਕਰੇਦੜ—ਕਰਨ ਵਾਲੇ । ਸਰਪਰ—ਜ਼ਰੂਰ । ਮੁਠੇ—ਮੁੱਠੈ, ਲੁੱਟੇ ਜਾਂਦੇ ਹਨ, ਆਤਮਕ ਜੀਵਨ ਦਾ ਸਰਮਾਇਆ ਲੁਟਾ ਬੈਠਦੇ ਹਨ । ਅਜਰਾਈਲਿ—ਅਜਰਾਈਲ ਨੇ, ਮੌਤ ਦੇ ਫ਼ਰਿਸ਼ਤੇ ਨੇ {ਨੋਟ—ਇਹ ਸ਼ਬਦ ਕਿਸੇ ਮੁਸਲਮਾਨ ਦੇ ਪਰਥਾਇ ਹੈ} । ਫੜੇ ਫੜਿ—ਫੜਿ ਫੜਿ, ਫੜ ਕੇ ਫੜ ਕੇ, ਫੜ ਫੜ ਕੇ । ਕੁਠੇ—ਕੁੱਠੇ, ਕੁਹ ਸੁੱਟੇ । ਦੋਜਕਿ—ਦੋਜ਼ਕ ਵਿਚ । ਮੰਗੈ—ਮੰਗਦਾ ਹੈ {ਇਕ-ਵਚਨ} । ਬਾਣੀਆ—ਕਰਮਾਂ ਦਾ ਲੇਖਾ ਲਿਖਣ ਵਾਲਾ ਧਰਮਰਾਜ ।੨।

ਸੰਗਿ—(ਪਰਲੋਕ ਵਲ) ਨਾਲ । ਭਈਆ—ਭਰਾ । ਬੇਬਾ—ਭੈਣ । ਜੋਬਨੁ—ਜਵਾਨੀ । ਛੋਡਿ—ਛੱਡ ਕੇ । ਵਞੇਸਾ— ਤੁਰ ਪਏਗਾ । ਕਰੀਮ—ਬਖ਼ਸ਼ਸ਼ ਕਰਨ ਵਾਲਾ । ਕਰਣ ਕਰਤਾ—ਜਗਤ ਦਾ ਰਚਨਹਾਰ । ਜਾਤੋ—ਜਾਣਿਆ, ਸਾਂਝ ਪਾਈ । ਘਾਣੀ—ਕੋਲ੍ਹੂ ਵਿਚ ਪੀੜਨ ਵਾਸਤੇ ਇਕ ਵਾਰੀ ਜੋਗੇ ਪਾਏ ਹੋਏ

ਤਿਲ ।੩।

ਖੁਸਿ ਖੁਸਿ—ਖੋਹ ਕੇ ਖੋਹ ਕੇ, ਖੋਹ ਖੋਹ ਕੇ । ਪਰਾਈ—ਬਿਗਾਨੀ । ਵਸਤੁ—ਚੀਜ਼ । ਖੁਦਾਈ—ਖ਼ੁਦਾ, ਰੱਬ । ਦੁਨੀਆ ਲਬਿ—ਦੁਨੀਆ ਦੇ ਲੱਬ ਵਿਚ; ਦੁਨੀਆ ਦੇ (ਸੁਆਦ ਦੇ) ਚਸਕੇ ਵਿਚ । ਖਾਤ—ਟੋਆ । ਗਲ—ਗੱਲ । ਅਗਲੀ—ਅਗਾਂਹ ਵਾਪਰਨ ਵਾਲੀ ।੪।

ਅਰਥ :—(ਹੇ ਭਾਈ! ਜਿਵੇਂ ਸੂਰਜ ਡੁੱਬਣ ਵੇਲੇ ਅਨੇਕਾਂ ਪੰਛੀ ਕਿਸੇ ਰੁੱਖ ਉਤੇ ਆ ਇਕੱਠੇ ਹੁੰਦੇ ਹਨ, ਇਸੇ ਤਰ੍ਹਾਂ) ਇਸ ਆਕਾਸ਼-ਰੁੱਖ ਹੇਠ ਸਾਰੇ ਜੀਵ-ਜੰਤ ਆ ਇਕੱਠੇ ਹੋਏ ਹਨ, ਕਈ ਖਰ੍ਹਵੇ ਬੋਲਦੇ ਹਨ ਕਈ ਮਿੱਠੇ ਬੋਲ ਬੋਲਦੇ ਹਨ । ਡੁੱਬਾ ਹੋਇਆ ਸੂਰਜ ਜਦੋਂ ਆਕਾਸ਼ ਵਿਚ ਮੁੜ ਚੜ੍ਹ ਪੈਂਦਾ ਹੈ ਤਾਂ (ਪੰਛੀ ਰੁੱਖ ਉਤੋਂ) ਉੱਠ ਕੇ ਉੱਡ ਜਾਂਦੇ ਹਨ (ਤਿਵੇਂ ਹੀ) ਜਿਉਂ ਜਿਉਂ (ਜੀਵਾਂ ਦੀ) ਉਮਰ ਮੁੱਕ ਜਾਂਦੀ ਹੈ (ਪੰਛੀਆਂ ਵਾਂਗ ਇਥੋਂ ਕੂਚ ਕਰ ਜਾਂਦੇ ਹਨ) ।੧।

ਹੇ ਭਾਈ! ਇਥੇ ਪਾਪ ਕਰਨ ਵਾਲੇ ਜੀਵ (ਆਪਣੇ ਆਤਮਕ ਜੀਵਨ ਦਾ ਸਰਮਾਇਆ) ਜ਼ਰੂਰ ਲੁਟਾ ਜਾਂਦੇ ਹਨ, ਪਾਪ ਕਰਨ ਵਾਲਿਆਂ ਨੂੰ ਮੌਤ ਦਾ ਫ਼ਰਿਸ਼ਤਾ ਫੜ ਫੜ ਕੇ ਕੁਹੀ ਜਾਂਦਾ ਹੈ (ਇਹ ਯਕੀਨ ਜਾਣੋ ਕਿ ਅਜਿਹਾਂ ਨੂੰ) ਸਿਰਜਣਹਾਰ ਨੇ ਦੋਜ਼ਕ ਵਿਚ ਪਾ ਰੱਖਿਆ ਹੈ, ਉਹਨਾਂ ਪਾਸੋਂ ਧਰਮਰਾਜ (ਉਹਨਾਂ ਦੇ ਕੀਤੇ ਕਰਮਾਂ ਦਾ) ਲੇਖਾ ਮੰਗਦਾ ਹੈ ।੨।

ਹੇ ਭਾਈ! (ਜਗਤ ਤੋਂ ਕੂਚ ਕਰਨ ਵੇਲੇ) ਨਾਹ ਕੋਈ ਭਰਾ ਨਾਹ ਕੋਈ ਭੈਣ ਕੋਈ ਭੀ ਜੀਵ ਦੇ ਨਾਲ ਨਹੀਂ ਜਾਂਦਾ । ਮਾਲ, ਧਨ, ਜਵਾਨੀ—ਹਰੇਕ ਜੀਵ ਜ਼ਰੂਰ ਛੱਡ ਕੇ ਇੱਥੋਂ ਚਲਾ ਜਾਇਗਾ । ਜਿਨ੍ਹਾਂ ਮਨੁੱਖਾਂ ਨੇ ਜਗਤ ਰਚਨਹਾਰ ਬਖ਼ਸ਼ਿੰਦਾ ਪ੍ਰਭੂ ਨਾਲ ਡੂੰਘੀ ਸਾਂਝ ਨਹੀਂ ਪਾਈ, ਉਹ (ਦੁੱਖਾਂ ਵਿਚ) ਇਉਂ ਪੀੜੇ ਜਾਂਦੇ ਹਨ ਜਿਵੇਂ ਤਿਲਾਂ ਦੀ ਘਾਣੀ ।੩।

ਹੇ ਭਾਈ! ਤੂੰ ਪਰਾਇਆ ਮਾਲ-ਧਨ ਖੋਹ ਖੋਹ ਕੇ ਇਕੱਠਾ ਕਰਦਾ ਰਹਿੰਦਾ ਹੈਂ, ਤੇਰੇ ਨਾਲ ਵੱਸਦਾ ਰੱਬ (ਤੇਰੀ ਹਰੇਕ ਕਰਤੂਤ ਨੂੰ) ਵੇਖਦਾ ਹੈ (ਤੇਰੇ ਹਰੇਕ ਬੋਲ ਨੂੰ) ਸੁਣਦਾ ਹੈ । ਤੂੰ ਦੁਨੀਆ (ਦੇ ਸੁਆਦਾਂ) ਦੇ ਚਸਕੇ ਵਿਚ ਫਸਿਆ ਪਿਆ ਹੈਂ (ਮਾਨੋ ਡੂੰਘੇ) ਟੋਏ ਵਿਚ ਡਿੱਗਾ ਹੋਇਆ ਹੈਂ । ਅਗਾਂਹ ਵਾਪਰਨ ਵਾਲੀ ਗੱਲ ਨੂੰ ਤੂੰ ਸਮਝਦਾ ਹੀ ਨਹੀਂ ।੪।

ਜਮਿ ਜਮਿ ਮਰੈ ਮਰੈ ਫਿਰਿ ਜੰਮੈ ॥ ਬਹੁਤੁ ਸਜਾਇ ਪਇਆ ਦੇਸਿ ਲੰਮੈ ॥ ਜਿਨਿ ਕੀਤਾ ਤਿਸੈ ਨ ਜਾਣੀ ਅੰਧਾ ਤਾ ਦੁਖੁ ਸਹੈ ਪਰਾਣੀਆ ॥੫॥ ਖਾਲਕ ਥਾਵਹੁ ਭੁਲਾ ਮੁਠਾ ॥ ਦੁਨੀਆ ਖੇਲੁ ਬੁਰਾ ਰੁਠ ਤੁਠਾ ॥ ਸਿਦਕੁ ਸਬੂਰੀ ਸੰਤੁ ਨ ਮਿਲਿਓ ਵਤੈ ਆਪਣ ਭਾਣੀਆ ॥੬॥ ਮਉਲਾ ਖੇਲ ਕਰੇ ਸਭਿ ਆਪੇ ॥ ਇਕਿ ਕਢੇ ਇਕਿ ਲਹਰਿ ਵਿਆਪੇ ॥ ਜਿਉ ਨਚਾਏ ਤਿਉ ਤਿਉ ਨਚਨਿ ਸਿਰਿ ਸਿਰਿ ਕਿਰਤ ਵਿਹਾਣੀਆ ॥ ੭॥ ਮਿਹਰ ਕਰੇ ਤਾ ਖਸਮੁ ਧਿਆਈ ॥ ਸੰਤਾ ਸੰਗਤਿ ਨਰਕਿ ਨ ਪਾਈ ॥ ਅੰਮ੍ਰਿਤ ਨਾਮ ਦਾਨੁ ਨਾਨਕ ਕਉ ਗੁਣ ਗੀਤਾ ਨਿਤ ਵਖਾਣੀਆ ॥੮॥੨॥੮॥੧੨॥੨੦॥ {ਪੰਨਾ ੧੦੨੦}

ਪਦ ਅਰਥ :—ਜਮਿ—ਜੰਮਿ, ਜੰਮ ਕੇ । ਜਮਿ ਜਮਿ ਮਰੈ—ਮੁੜ ਮੁੜ ਜੰਮ ਕੇ (ਮੁੜ ਮੁੜ) ਮਰਦਾ ਹੈ, ਜਨਮ ਮਰਨ ਦੇ ਗੇੜ ਵਿਚ ਪੈ ਜਾਂਦਾ ਹੈ । ਸਜਾਇ—ਸਜ਼ਾ, ਦੰਡ । ਦੇਸਿ ਲੰਮੈ—ਲੰਮੇ ਦੇਸ ਵਿਚ, (ਮਰਨ ਮਰਨ ਦੇ ਗੇੜ ਦੇ) ਲੰਮੇ ਪੈਂਡੇ ਵਿਚ । ਜਿਨਿ—ਜਿਸ (ਪ੍ਰਭੂ) ਨੇ । ਕੀਤਾ—ਪੈਦਾ ਕੀਤਾ । ਅੰਧਾ—(ਮਾਇਆ ਦੇ ਮੋਹ ਵਿਚ) ਅੰਨ੍ਹਾ (ਹੋਇਆ ਮਨੁੱਖ) । ਤਾ—ਤਾਂ, ਤਾਂਹੀਏਂ । ਸਹੈ—ਸਹਾਰਦਾ ਹੈ । ਪਰਾਣੀਆ—ਪਰਾਣੀ, ਜੀਵ ।੫।

ਖਾਲਕ—ਖ਼ਾਲਕ, ਪੈਦਾ ਕਰਨ ਵਾਲਾ । ਥਾਵਹੁ—ਥਾਂ ਤੋਂ, ਵੱਲੋਂ । ਭੁਲਾ—ਭੁੱਲਾ, ਖੁੰਝਿਆ ਹੋਇਆ । ਮੁਠਾ—ਠੱਗਿਆ ਜਾ ਰਿਹਾ ਹੈ । ਖੇਲੁ—ਤਮਾਸ਼ਾ, ਜਾਦੂ ਦੀ ਖੇਡ । ਬੁਰਾ—ਭੈੜਾ । ਰੁਠ—ਰੁੱਠਾ, ਰੁੱਸਿਆ । ਤੁਠਾ—ਖ਼ੁਸ਼ ਹੋਇਆ । ਸਿਦਕੁ—ਸ਼ਾਂਤੀ, ਤਸੱਲੀ । ਸਬੂਰੀ—ਸਬਰ, ਰਜੇਵਾਂ । ਸੰਤੁ—ਗੁਰੂ । ਵਤੈ—ਭਟਕਦਾ ਫਿਰਦਾ ਹੈ । ਆਪਣ ਭਾਣੀਆ—ਆਪਣੇ ਮਨ ਦੀ ਮਰਜ਼ੀ ਅਨੁਸਾਰ ।੬।

ਮਉਲਾ—ਖ਼ੁਦਾ, ਰੱਬ । ਸਭਿ—ਸਾਰੇ । ਖੇਲ—{ਬਹੁ-ਵਚਨ । ਲਫ਼ਜ਼ 'ਖੇਲੁ' ਇਕ-ਵਚਨ} । ਆਪੇ—ਆਪ ਹੀ । ਇਕਿ—ਕਈ {ਲਫ਼ਜ਼ 'ਇਕ' ਤੋਂ ਬਹੁ-ਵਚਨ} । ਵਿਆਪੇ—ਫਸੇ ਹੋਏ । ਨਚਾਏ—ਨਚਾਂਦਾ ਹੈ । ਨਚਨਿ—ਨੱਚਦੇ ਹਨ । ਸਿਰਿ—ਸਿਰ ਉੱਤੇ । ਸਿਰਿ ਸਿਰਿ—ਹਰੇਕ (ਦੇ) ਸਿਰ ਉੱਤੇ । ਕਿਰਤ—(ਪਿਛਲੇ ਜਨਮਾਂ ਦੇ ਕੀਤੇ ਕਰਮਾਂ ਦੀ) ਕਮਾਈ । ਵਿਹਾਣੀਆ—ਬੀਤਦੀ ਹੈ, ਅਸਰ ਪਾਂਦੀ ਹੈ ।੭।

ਤਾ—ਤਾਂ, ਤਦੋਂ । ਧਿਆਈ—ਧਿਆਈਂ, ਮੈਂ ਧਿਆਵਾਂ । ਨਰਕਿ—ਨਰਕ ਵਿਚ । ਅੰਮ੍ਰਿਤ—ਆਤਮਕ ਜੀਵਨ ਦੇਣ ਵਾਲਾ । ਦਾਨੁ—ਖੈਰ । ਕਉ—ਨੂੰ (ਦੇਹ) । ਗੁਣ ਗੀਤਾ—ਗੁਣ ਗੀਤਾਂ, ਸਿਫ਼ਤਿ-ਸਾਲਾਹ ਦੇ ਗੀਤ । ਵਖਾਣੀਆ—ਵਖਾਣੀਂ, ਮੈਂ ਵਖਾਣਾਂ ।੮।

ਅਰਥ :—ਹੇ ਭਾਈ! ਜਦੋਂ ਮਨੁੱਖ (ਮਾਇਆ ਦੇ ਮੋਹ ਵਿਚ) ਅੰਨ੍ਹਾ (ਹੋ ਕੇ) ਉਸ ਪਰਮਾਤਮਾ ਨਾਲ ਸਾਂਝ ਨਹੀਂ ਪਾਂਦਾ ਜਿਸ ਨੇ ਇਸ ਨੂੰ ਪੈਦਾ ਕੀਤਾ ਹੈ, ਤਦੋਂ ਇਹ (ਜਨਮ ਮਰਨ ਦੇ ਗੇੜ ਦਾ) ਦੁੱਖ ਸਹਿੰਦਾ ਹੈ, ਇਸ ਨੂੰ ਬਹੁਤ ਸਜ਼ਾ ਮਿਲਦੀ ਹੈ, ਇਹ (ਜਨਮ ਮਰਨ ਦੇ ਗੇੜ ਦੇ) ਲੰਮੇ ਪੈਂਡੇ ਵਿਚ ਪੈ ਜਾਂਦਾ ਹੈ, ਇਹ ਮੁੜ ਮੁੜ ਜੰਮ ਕੇ (ਮੁੜ ਮੁੜ) ਮਰਦਾ ਹੈ, ਜਨਮ ਮਰਨ ਦੇ ਗੇੜ ਵਿਚ ਪੈ ਜਾਂਦਾ ਹੈ ।੫।

ਹੇ ਭਾਈ! ਜਿਸ ਮਨੁੱਖ ਨੂੰ ਗੁਰੂ ਨਹੀਂ ਮਿਲਦਾ, ਉਹ ਆਪਣੇ ਮਨ ਦਾ ਮੁਰੀਦ ਹੋ ਕੇ ਭਟਕਦਾ ਫਿਰਦਾ ਹੈ, ਉਸ ਦੇ ਅੰਦਰ ਮਾਇਆ ਵਲੋਂ ਨਾਹ ਸ਼ਾਂਤੀ ਹੈ ਨਾਹ ਰਜੇਵਾਂ; ਉਹ ਮਨੁੱਖ ਸਿਰਜਣਹਾਰ ਵੱਲੋਂ ਖੁੰਝਿਆ ਰਹਿੰਦਾ ਹੈ, ਉਹ ਆਪਣੇ ਆਤਮਕ ਜੀਵਨ ਦਾ ਸਰਮਾਇਆ ਲੁਟਾ ਬੈਠਦਾ ਹੈ; ਇਹ ਜਗਤ-ਤਮਾਸ਼ਾ ਉਸ ਨੂੰ ਬੁਰਾ (ਖ਼ੁਆਰ ਕਰਦਾ ਹੈ), ਕਦੇ (ਮਾਇਆ ਗੁਆਚਣ ਤੇ ਇਹ) ਘਬਰਾ ਜਾਂਦਾ ਹੈ, ਕਦੇ ਮਾਇਆ ਮਿਲਣ ਤੇ) ਇਹ ਖ਼ੁਸ਼ ਹੋ ਹੋ ਬਹਿੰਦਾ ਹੈ ।੬।

(ਪਰ, ਹੇ ਭਾਈ! ਜੀਵਾਂ ਦੇ ਕੀਹ ਵੱਸ?) ਪਰਮਾਤਮਾ ਆਪ ਹੀ ਸਾਰੇ ਖੇਲ ਕਰ ਰਿਹਾ ਹੈ । ਕਈ ਐਸੇ ਹਨ ਜਿਹੜੇ ਮਾਇਆ ਦੇ ਮੋਹ ਦੀਆਂ ਲਹਿਰਾਂ ਵਿਚ ਫਸੇ ਹੋਏ ਹਨ, ਕਈ ਐਸੇ ਹਨ ਜਿਨ੍ਹਾਂ ਨੂੰ ਉਸ ਨੇ ਇਹਨਾਂ ਲਹਿਰਾਂ ਵਿਚੋਂ ਕੱਢ ਲਿਆ ਹੈ । ਹੇ ਭਾਈ! ਪਰਮਾਤਮਾ ਜਿਵੇਂ ਜਿਵੇਂ ਜੀਵਾਂ ਨੂੰ (ਮਾਇਆ ਦੇ ਹੱਥਾਂ ਤੇ) ਨਚਾਂਦਾ ਹੈ; ਤਿਵੇਂ ਤਿਵੇਂ ਜੀਵ ਨੱਚਦੇ ਹਨ । ਹਰੇਕ ਜੀਵ ਦੇ ਸਿਰ ਉੱਤੇ (ਉਸ ਦੇ ਪਿਛਲੇ ਜਨਮਾਂ ਦੇ ਕੀਤੇ ਕਰਮਾਂ ਦੀ) ਕਮਾਈ ਅਸਰ ਪਾ ਰਹੀ ਹੈ ।੭।

ਹੇ ਭਾਈ! ਪਰਮਾਤਮਾ ਆਪ ਮਿਹਰ ਕਰੇ, ਤਾਂ ਹੀ ਮੈਂ ਉਸ ਖਸਮ-ਪ੍ਰਭੂ ਨੂੰ ਸਿਮਰ ਸਕਦਾ ਹਾਂ । (ਜਿਹੜਾ ਮਨੁੱਖ ਸਿਮਰਦਾ ਹੈ) ਉਹ ਸੰਤ ਜਨਾਂ ਦੀ ਸੰਗਤਿ

ਵਿਚ ਰਹਿ ਕੇ ਨਰਕ ਵਿਚ ਨਹੀਂ ਪੈਂਦਾ । ਹੇ ਪ੍ਰਭੂ! ਨਾਨਕ ਨੂੰ ਆਤਮਕ ਜੀਵਨ ਦੇਣ ਵਾਲਾ ਆਪਣਾ ਨਾਮ-ਦਾਨ ਦੇਹ, (ਤਾ ਕਿ ਮੈਂ ਨਾਨਕ) ਤੇਰੀ ਸਿਫ਼ਤਿ-ਸਾਲਾਹ ਦੇ ਗੀਤ ਸਦਾ ਗਾਂਦਾ ਰਹਾਂ ।੮।੨।੮।੧੨।੨੦।

ਨੋਟ—ਅੰਕਾਂ ਦਾ ਨਿਰਣਾ—

ਅੰਕ ਨੰ: ੨—ਇਹ ਦੋ ਅੰਜੁਲੀਆਂ (ਅਰਜ਼ੋਈਆਂ ਹਨ) ਮ: ੫ ਦੀਆਂ ।

ਅੰਕ ਨੰ: ੮—ਮ: ੫ ਦੀਆਂ ਕੁੱਲ ਅਸ਼ਟਪਦੀਆਂ (੨ ਅੰਜੁਲੀਆਂ ਸਮੇਤ) ੮ ਹਨ ।

ਮਹਲਾ ੧ ਦੀਆਂ ਅਸ਼ਟਪਦੀਆਂ . ੧੧
ਮਹਲਾ ੩ ਦੀ ਅਸ਼ਟਪਦੀ ੧
. . . . ——
. . . . ਜੋੜ ੧੨
ਮ: ੫ ਦੀਆਂ ਅਸ਼ਟਪਦੀਆਂ ੮
. . . . ——
. . . . ਕੁਲ ਜੋੜ ੨੦

ਮਾਰੂ ਸੋਲਹੇ ਮਹਲਾ ੧

ੴ ਸਤਿਗੁਰ ਪ੍ਰਸਾਦਿ ॥ ਸਾਚਾ ਸਚੁ ਸੋਈ ਅਵਰੁ ਨ ਕੋਈ ॥ ਜਿਨਿ ਸਿਰਜੀ ਤਿਨ ਹੀ ਫੁਨਿ ਗੋਈ ॥ ਜਿਉ ਭਾਵੈ ਤਿਉ ਰਾਖਹੁ ਰਹਣਾ ਤੁਮ ਸਿਉ ਕਿਆ ਮੁਕਰਾਈ ਹੇ ॥੧॥ ਆਪਿ ਉਪਾਏ ਆਪਿ ਖਪਾਏ ॥ ਆਪੇ ਸਿਰਿ ਸਿਰਿ ਧੰਧੈ ਲਾਏ ॥ ਆਪੇ ਵੀਚਾਰੀ ਗੁਣਕਾਰੀ ਆਪੇ ਮਾਰਗਿ ਲਾਈ ਹੇ ॥੨॥ ਆਪੇ ਦਾਨਾ ਆਪੇ ਬੀਨਾ ॥ ਆਪੇ ਆਪੁ ਉਪਾਇ ਪਤੀਨਾ ॥ ਆਪੇ ਪਉਣੁ ਪਾਣੀ ਬੈਸੰਤਰੁ ਆਪੇ ਮੇਲਿ ਮਿਲਾਈ ਹੇ ॥੩॥ ਆਪੇ ਸਸਿ ਸੂਰਾ ਪੂਰੋ ਪੂਰਾ ॥ ਆਪੇ ਗਿਆਨਿ ਧਿਆਨਿ ਗੁਰੁ ਸੂਰਾ ॥ ਕਾਲੁ ਜਾਲੁ ਜਮੁ ਜੋਹਿ ਨ ਸਾਕੈ ਸਾਚੇ ਸਿਉ ਲਿਵ ਲਾਈ ਹੇ ॥੪॥ ਆਪੇ ਪੁਰਖੁ ਆਪੇ ਹੀ ਨਾਰੀ ॥ ਆਪੇ ਪਾਸਾ ਆਪੇ ਸਾਰੀ ॥ ਆਪੇ ਪਿੜ ਬਾਧੀ ਜਗੁ ਖੇਲੈ ਆਪੇ ਕੀਮਤਿ ਪਾਈ ਹੇ ॥੫॥ ਆਪੇ ਭਵਰੁ ਫੁਲੁ ਫਲੁ ਤਰਵਰੁ ॥ ਆਪੇ ਜਲੁ ਥਲੁ ਸਾਗਰੁ ਸਰਵਰੁ ॥ ਆਪੇ ਮਛੁ ਕਛੁ ਕਰਣੀਕਰੁ ਤੇਰਾ ਰੂਪੁ ਨ ਲਖਣਾ ਜਾਈ ਹੇ ॥੬॥ ਆਪੇ ਦਿਨਸੁ ਆਪੇ ਹੀ ਰੈਣੀ ॥ ਆਪਿ ਪਤੀਜੈ ਗੁਰ ਕੀ ਬੈਣੀ ॥ ਆਦਿ ਜੁਗਾਦਿ ਅਨਾਹਦਿ ਅਨਦਿਨੁ ਘਟਿ ਘਟਿ ਸਬਦੁ ਰਜਾਈ ਹੇ ॥੭॥ ਆਪੇ ਰਤਨੁ ਅਨੂਪੁ ਅਮੋਲੋ ॥ ਆਪੇ ਪਰਖੇ ਪੂਰਾ ਤੋਲੋ ॥ ਆਪੇ ਕਿਸ ਹੀ ਕਸਿ ਬਖਸੇ ਆਪੇ ਦੇ ਲੈ ਭਾਈ ਹੇ ॥੮॥ ਆਪੇ ਧਨਖੁ ਆਪੇ ਸਰਬਾਣਾ ॥ ਆਪੇ ਸੁਘੜੁ ਸਰੂਪੁ ਸਿਆਣਾ ॥ ਕਹਤਾ ਬਕਤਾ ਸੁਣਤਾ ਸੋਈ ਆਪੇ ਬਣਤ ਬਣਾਈ ਹੇ ॥੯॥ ਪਉਣੁ ਗੁਰੂ ਪਾਣੀ ਪਿਤ ਜਾਤਾ ॥ ਉਦਰ ਸੰਜੋਗੀ ਧਰਤੀ ਮਾਤਾ ॥ ਰੈਣਿ ਦਿਨਸੁ ਦੁਇ ਦਾਈ ਦਾਇਆ ਜਗੁ ਖੇਲੈ ਖੇਲਾਈ ਹੇ ॥੧੦॥ ਆਪੇ ਮਛੁਲੀ ਆਪੇ ਜਾਲਾ ॥ ਆਪੇ ਗਊ ਆਪੇ ਰਖਵਾਲਾ ॥ ਸਰਬ ਜੀਆ ਜਗਿ ਜੋਤਿ ਤੁਮਾਰੀ ਜੈਸੀ ਪ੍ਰਭਿ ਫੁਰਮਾਈ ਹੇ ॥੧੧॥ ਆਪੇ ਜੋਗੀ ਆਪੇ ਭੋਗੀ ॥ ਆਪੇ ਰਸੀਆ ਪਰਮ ਸੰਜੋਗੀ ॥ ਆਪੇ ਵੇਬਾਣੀ ਨਿਰੰਕਾਰੀ ਨਿਰਭਉ ਤਾੜੀ ਲਾਈ ਹੇ ॥੧੨॥ ਖਾਣੀ ਬਾਣੀ ਤੁਝਹਿ ਸਮਾਣੀ ॥ ਜੋ ਦੀਸੈ ਸਭ ਆਵਣ ਜਾਣੀ ॥ ਸੇਈ ਸਾਹ ਸਚੇ ਵਾਪਾਰੀ ਸਤਿਗੁਰਿ ਬੂਝ ਬੁਝਾਈ ਹੇ ॥੧੩॥ ਸਬਦੁ ਬੁਝਾਏ ਸਤਿਗੁਰੁ ਪੂਰਾ ॥ ਸਰਬ ਕਲਾ ਸਾਚੇ ਭਰਪੂਰਾ ॥ ਅਫਰਿਓ ਵੇਪਰਵਾਹੁ ਸਦਾ ਤੂ ਨਾ ਤਿਸੁ ਤਿਲੁ ਨ ਤਮਾਈ ਹੇ ॥੧੪॥ ਕਾਲੁ ਬਿਕਾਲੁ ਭਏ ਦੇਵਾਨੇ ॥ ਸਬਦੁ ਸਹਜ ਰਸੁ ਅੰਤਰਿ ਮਾਨੇ ॥ ਆਪੇ ਮੁਕਤਿ ਤ੍ਰਿਪਤਿ ਵਰ ਦਾਤਾ ਭਗਤਿ ਭਾਇ ਮਨਿ ਭਾਈ ਹੇ ॥੧੫॥ ਆਪਿ ਨਿਰਾਲਮੁ ਗੁਰ ਗਮ ਗਿਆਨਾ ॥ ਜੋ ਦੀਸੈ ਤੁਝ ਮਾਹਿ ਸਮਾਨਾ ॥ ਨਾਨਕੁ ਨੀਚੁ ਭਿਖਿਆ ਦਰਿ ਜਾਚੈ ਮੈ ਦੀਜੈ ਨਾਮੁ ਵਡਾਈ ਹੇ ॥੧੬॥੧॥ {ਪੰਨਾ ੧੦੨੦-੧੦੨੧}

ਸੋਲਹੇ—੧੬ ਬੰਦਾਂ ਵਾਲੇ ਸ਼ਬਦ । ਆਮ ਤੌਰ ਤੇ ਤਾਂ ਹਰੇਕ ਵਿਚ ੧੬ ਬੰਦ (ਪਦ) ਹਨ, ਪਰ ਘੱਟ ਵਧ ਭੀ ਮਿਲਦੇ ਹਨ । ਗੁਰੂ ਗ੍ਰੰਥ ਸਾਹਿਬ ਵਿਚ ਸੋਲਹੇ ਅਸ਼ਟਪਦੀਆਂ ਦੇ ਮੁੱਕਣ ਤੇ ਦਰਜ ਹਨ । ਇਹਨਾਂ ਨੂੰ ਅਸ਼ਟਪਦੀਆਂ ਹੀ ਸਮਝਣਾ ਚਾਹੀਦਾ ਹੈ । 'ਸੋਲਹੇ' ਸਿਰਫ਼ ਮਾਰੂ ਰਾਗ ਵਿਚ ਹਨ । ਇਹਨਾਂ ਵਿਚ 'ਰਹਾਉ' ਦੀ ਤੁਕ ਨਹੀਂ ਹੈ ।

ਪਦ ਅਰਥ :—ਸਾਚਾ—ਸਦਾ-ਥਿਰ ਰਹਿਣ ਵਾਲਾ । ਸਚੁ—ਸਦਾ-ਥਿਰ, ਅਟੱਲ । ਸੋਈ—ਉਹ ਪਰਮਾਤਮਾ ਹੀ । ਜਿਨਿ—ਜਿਸ (ਪ੍ਰਭੂ) ਨੇ । ਸਿਰਜੀ—ਪੈਦਾ ਕੀਤੀ । ਤਿਨ ਹੀ—ਤਿਨਿ ਹੀ, {ਨੋਟ :—ਕ੍ਰਿਆ ਵਿਸ਼ੇਸ਼ਣ 'ਹੀ' ਦੇ ਕਾਰਨ ਲਫ਼ਜ਼ 'ਤਿਨਿ' ਦੀ 'ਿ' ਉਡ ਗਈ ਹੈ । ਵੇਖੋ 'ਗੁਰਬਾਣੀ ਵਿਆਕਰਣ'} । ਫੁਨਿ—ਮੁੜ, ਫਿਰ {ਪੁਨ:} । ਗੋਈ—ਨਾਸ ਕੀਤੀ ਹੈ । ਮੁਕਰਾਈ—ਨਹਿ-ਨੁੱਕਰ, ਇਨਕਾਰ ।੧।

ਖਪਾਏ—ਨਾਸ ਕਰਦਾ ਹੈ । ਸਿਰਿ—ਸਿਰ ਉਤੇ । ਸਿਰਿ ਸਿਰਿ—ਹਰੇਕ ਦੇ ਸਿਰ ਉਤੇ (ਕੀਤੇ ਕਰਮਾਂ ਦੇ ਲੇਖ ਲਿਖ ਕੇ) । ਧੰਧੈ—ਧੰਧੇ ਵਿਚ, ਕਿਰਤ-ਕਾਰ ਵਿਚ । ਵੀਚਾਰੀ—ਜੀਵਾਂ ਦੇ ਕੀਤੇ ਕਰਮਾਂ ਨੂੰ ਵਿਚਾਰਨ ਵਾਲਾ । ਗੁਣਕਾਰੀ—(ਜੀਵਾਂ ਦੇ ਅੰਦਰ) ਗੁਣ ਪੈਦਾ ਕਰਨ ਵਾਲਾ । ਮਾਰਗਿ—(ਸਹੀ ਜੀਵਨ-) ਰਸਤੇ ਉਤੇ ।੨।

ਦਾਨਾ—(ਜੀਵਾਂ ਦੇ ਦਿਲ ਦੀ) ਜਾਣਨ ਵਾਲਾ । ਬੀਨਾ—(ਜੀਵਾਂ ਦੇ ਕੀਤੇ ਕੰਮ) ਵੇਖਣ ਵਾਲਾ । ਆਪੁ—ਆਪਣੇ ਆਪ ਨੂੰ । ਉਪਾਇ—(ਸ੍ਰਿਸ਼ਟੀ ਦੇ ਰੂਪ ਵਿਚ) ਪਰਗਟ ਕਰ ਕੇ । ਪਤੀਨਾ—ਪਤੀਜਦਾ ਹੈ, ਖ਼ੁਸ਼ ਹੁੰਦਾ ਹੈ । ਬੈਸੰਤਰੁ—ਅੱਗ । ਮੇਲਿ—(ਸਭ ਤੱਤਾਂ ਨੂੰ) ਇਕੱਠਾ ਕਰ ਕੇ ।੩।

ਸਸਿ—{_f_} ਚੰਦ੍ਰਮਾ । ਸੂਰਾ—ਸੂਰਜ । ਪੂਰੋ ਪੂਰਾ—ਹਰ ਥਾਂ ਪੂਰਨ, ਹਰ ਥਾਂ ਆਪਣਾ ਚਾਨਣ ਦੇਣ ਵਾਲਾ । ਗਿਆਨਿ—ਗਿਆਨ ਦਾ ਮਾਲਕ । ਧਿਆਨਿ—ਧਿਆਨ ਦਾ ਮਾਲਕ । ਸੂਰਾ—ਸੂਰਮਾ । ਜੋਹਿ ਨ ਸਾਕੈ—ਤੱਕ ਨਹੀਂ ਸਕਦਾ । ਲਿਵ—ਲਗਨ ।੪।

ਪਾਸਾ—ਚਉਪੜ, ਸੰਸਾਰ ਦਾ ਆਕਾਰ । ਸਾਰੀ—ਨਰਦਾਂ, ਜੀਵ । ਕੀਮਤਿ—ਮੁੱਲ, ਕਦਰ, ਪਰਖ ।੫।

ਤਰਵਰੁ—ਰੁੱਖ । ਥਲੁ—ਸੁੱਕੀ ਧਰਤੀ । ਸਾਗਰੁ—ਸਮੁੰਦਰ । ਸਰਵਰੁ—ਤਲਾਬ । ਕਰਨੀ ਕਰੁ—ਜਗਤ ਦੀ ਰਚਨਾ ਰਚਨ ਵਾਲਾ ।੬।

ਦਿਨਸੁ—ਦਿਨ । ਰੈਣੀ—{ਰਜਨਿ} ਰਾਤ । ਪਤੀਜੈ—ਖ਼ੁਸ਼ ਹੁੰਦਾ ਹੈ । ਬੈਣੀ—ਬਚਨਾਂ ਦੀ ਰਾਹੀਂ । ਅਨਾਹਦਿ—ਨਾਸ-ਰਹਿਤ । ਰਜਾਈ—ਰਜ਼ਾ ਦੇ ਮਾਲਕ ਪ੍ਰਭੂ ਦਾ ।੭।

ਅਨੂਪੁ—ਬੇ-ਮਿਸਾਲ । ਅਮੋਲੋ—ਜਿਸ ਦਾ ਮੁੱਲ ਨਾਹ ਪੈ ਸਕੇ । ਕਸਿ—ਕਸਵੱਟੀ ਤੇ ਲਾ ਕੇ । ਦੇ—ਦੇਂਦਾ ਹੈ । ਲੈ—ਲੈਂਦਾ ਹੈ । ਦੇ ਲੈ—ਦੇਂਦਾ ਲੈਂਦਾ ਹੈ, ਵਣਜ ਵਪਾਰ ਕਰਦਾ ਹੈ ।੮।

ਸਰ—ਤੀਰ । ਸਰਬਾਣਾ—{_ਰਵਾਣਿ} ਤੀਰ ਚਲਾਣ ਵਾਲਾ, ਤੀਰ-ਅੰਦਾਜ਼ । ਸੁਘੜੁ—ਸੋਹਣੀ ਘਾੜਤ ਵਾਲਾ, ਸੁਚੱਜਾ । ਸਰੂਪੁ—ਸੋਹਣੇ ਰੂਪ ਵਾਲਾ । ਬਕਤਾ—ਬੋਲਣ ਵਾਲਾ ।੯।

ਜਾਤਾ—ਜਾਣਿਆ ਜਾਂਦਾ ਹੈ । ਉਦਰ ਸੰਜੋਗੀ—ਪੇਟ ਦੇ ਸੰਜੋਗ ਕਰ ਕੇ । ਰੈਣਿ—ਰਾਤ । ਦੁਇ—ਦੋਵੇਂ । ਦਾਇਆ—ਖਿਡਾਵਾ ।੧੦।

ਜਾਲਾ—(ਮੱਛੀ ਨੂੰ ਫਸਾਣ ਵਾਲਾ) ਜਾਲ । ਜਗਿ—ਜਗਤ ਵਿਚ । ਪ੍ਰਭਿ—ਪ੍ਰਭੂ ਨੇ ।੧੧।

ਰਸੀਆ—ਰਸ ਮਾਣਨ ਵਾਲਾ । ਵੇਬਾਣੀ—ਜੰਗਲ ਵਿਚ ਰਹਿਣ ਵਾਲਾ ਤਿਆਗੀ । ਨਿਰੰਕਾਰੀ—ਆਕਾਰ-ਰਹਿਤ ।੧੨।

ਖਾਣੀ—ਜੀਵਾਂ ਦੀ ਉਤਪੱਤੀ ਦੀਆਂ ਚਾਰ ਖਾਣਾਂ । ਬਾਣੀ—ਚਾਰ ਬਾਣੀਆਂ । ਸੇਈ—ਉਹੀ ਬੰਦੇ । ਸਤਿਗੁਰਿ—ਗੁਰੂ ਨੇ ।੧੩।

ਅਫਰਿਓ—ਅਟੱਲ ਹੁਕਮ ਵਾਲਾ । ਤਿਸੁ—ਉਸ (ਪ੍ਰਭੂ) ਨੂੰ । ਤਿਲੁ—ਤਿਲ ਜਿਤਨਾ ਭੀ । ਤਮਾਈ—ਤਮ੍ਹਾ, ਲਾਲਚ ।੧੪।

ਕਾਲੁ—ਮੌਤ, ਮਰਨ । ਬਿਕਾਲੁ—ਜਨਮ । ਸਹਜ ਰਸੁ—ਆਤਮਕ ਅਡੋਲਤਾ ਦਾ ਆਨੰਦ । ਮਾਨੇ—ਮਾਣਿਆ ਹੈ । ਮੁਕਤਿ ਦਾਤਾ—ਵਿਕਾਰਾਂ ਤੋਂ ਖ਼ਲਾਸੀ ਦੇਣ ਵਾਲਾ । ਤ੍ਰਿਪਤਿ ਦਾਤਾ—ਮਾਇਆ ਵਲੋਂ ਸੰਤੋਖ ਦੇਣ ਵਾਲਾ । ਵਰ ਦਾਤਾ—ਬਖ਼ਸ਼ਸ਼ਾਂ ਕਰਨ ਵਾਲਾ । ਭਾਇ—ਪ੍ਰੇਮ ਦੀ ਰਾਹੀਂ । ਮਨਿ—ਮਨ ਵਿਚ । ਭਗਤਿ ਭਾਇ—ਜਿਸ ਨੂੰ ਪਰਮਾਤਮਾ ਦੀ ਭਗਤੀ ਪਿਆਰੀ ਲੱਗੀ ਹੈ ।੧੫।

ਨਿਰਾਲਮੁ—ਨਿਰਲੇਪ । ਗੁਰ ਗਮ ਗਿਆਨਾ—ਗੁਰੂ ਦੀ ਰਾਹੀਂ ਜਿਸ ਨਾਲ ਜਾਣ-ਪਛਾਣ ਬਣਦੀ ਹੈ । ਭਿਖਿਆ—ਨਾਮ ਦਾ ਖੈਰ । ਦਰਿ—(ਤੇਰੇ) ਦਰ ਤੇ । ਜਾਚੈ—ਮੰਗਦਾ ਹੈ । ਮੈ—ਮੈਨੂੰ ।੧੬।

ਅਰਥ :—ਉਹ ਪਰਮਾਤਮਾ ਹੀ ਸਦਾ-ਥਿਰ ਰਹਿਣ ਵਾਲਾ ਹੈ, ਸਦਾ ਅਟੱਲ ਰਹਿਣ ਵਾਲਾ ਹੈ । ਕੋਈ ਹੋਰ ਉਸ ਵਰਗਾ ਨਹੀਂ ਹੈ । ਜਿਸ (ਪ੍ਰਭੂ) ਨੇ (ਇਹ ਰਚਨਾ) ਰਚੀ ਹੈ ਉਸੇ ਨੇ ਹੀ ਮੁੜ ਨਾਸ ਕੀਤਾ ਹੈ (ਉਹੀ ਇਸ ਨੂੰ ਨਾਸ ਕਰਨ ਵਾਲਾ ਹੈ) । ਹੇ ਪ੍ਰਭੂ! ਜਿਵੇਂ ਤੈਨੂੰ ਚੰਗਾ ਲੱਗੇ ਤਿਵੇਂ ਸਾਨੂੰ ਜੀਵਾਂ ਨੂੰ ਤੂੰ ਰੱਖਦਾ ਹੈਂ, ਤਿਵੇਂ ਹੀ ਅਸੀ ਰਹਿ ਸਕਦੇ ਹਾਂ । ਅਸੀ ਜੀਵ ਤੇਰੇ (ਹੁਕਮ) ਅੱਗੇ ਕੋਈ ਨਹਿ-ਨੁੱਕਰ ਨਹੀਂ ਕਰ ਸਕਦੇ ।੧।

ਪਰਮਾਤਮਾ ਆਪ ਹੀ (ਜੀਵਾਂ ਨੂੰ) ਪੈਦਾ ਕਰਦਾ ਹੈ ਆਪ ਹੀ ਮਾਰਦਾ ਹੈ । ਆਪ ਹੀ ਹਰੇਕ ਜੀਵ ਨੂੰ ਉਸ ਦੇ ਕੀਤੇ ਕਰਮਾਂ ਦੇ ਸੰਸਕਾਰਾਂ ਅਨੁਸਾਰ ਦੁਨੀਆ ਦੇ ਧੰਧੇ ਵਿਚ ਲਾਂਦਾ ਹੈ । ਪ੍ਰਭੂ ਆਪ ਹੀ ਜੀਵਾਂ ਦੇ ਕਰਮਾਂ ਨੂੰ ਵਿਚਾਰਨ ਵਾਲਾ ਹੈ, ਆਪ ਹੀ (ਜੀਵਾਂ ਦੇ ਅੰਦਰ) ਗੁਣ ਪੈਦਾ ਕਰਨ ਵਾਲਾ ਹੈ, ਆਪ ਹੀ (ਜੀਵਾਂ ਨੂੰ) ਸਹੀ ਜੀਵਨ-ਰਸਤੇ ਉਤੇ ਲਾਂਦਾ ਹੈ ।੨।

ਪਰਮਾਤਮਾ ਆਪ ਹੀ ਸਭ ਜੀਵਾਂ ਦੇ ਦਿਲ ਦੀ ਜਾਣਨ ਵਾਲਾ ਹੈ, ਆਪ ਹੀ ਜੀਵਾਂ ਦੇ ਕੀਤੇ ਕਰਮਾਂ ਨੂੰ ਵੇਖਣ ਵਾਲਾ ਹੈ । ਪ੍ਰਭੂ ਆਪ ਹੀ ਆਪਣੇ ਆਪ ਨੂੰ (ਸ੍ਰਿਸ਼ਟੀ ਦੇ ਰੂਪ ਵਿਚ) ਪਰਗਟ ਕਰ ਕੇ (ਆਪ ਹੀ ਇਸ ਨੂੰ ਵੇਖ ਵੇਖ ਕੇ) ਖ਼ੁਸ਼ ਹੋ ਰਿਹਾ ਹੈ । ਪਰਮਾਤਮਾ ਆਪ ਹੀ (ਆਪਣੇ ਆਪ ਤੋਂ) ਹਵਾ ਪਾਣੀ ਅੱਗ (ਆਦਿਕ ਤੱਤ ਪੈਦਾ ਕਰਨ ਵਾਲਾ) ਹੈ, ਪ੍ਰਭੂ ਨੇ ਆਪ ਹੀ (ਇਹਨਾਂ ਤੱਤਾਂ ਨੂੰ) ਇਕੱਠਾ ਕਰ ਕੇ ਜਗਤ-ਰਚਨਾ ਕੀਤੀ ਹੈ ।੩।

ਹਰ ਥਾਂ ਚਾਨਣ ਦੇਣ ਵਾਲਾ ਪਰਮਾਤਮਾ ਆਪ ਹੀ ਸੂਰਜ ਹੈ ਆਪ ਹੀ ਚੰਦ੍ਰਮਾ ਹੈ, ਪ੍ਰਭੂ ਆਪ ਹੀ ਗਿਆਨ ਦਾ ਮਾਲਕ ਤੇ ਸੁਰਤਿ ਦਾ ਮਾਲਕ ਸੂਰਮਾ ਗੁਰੂ ਹੈ । ਜਿਸ ਭੀ ਜੀਵ ਨੇ ਉਸ ਸਦਾ-ਥਿਰ ਪ੍ਰਭੂ ਨਾਲ ਪ੍ਰੇਮ-ਲਗਨ ਲਾਈ ਹੈ ਜਮ-ਰਾਜ ਉਸ ਵਲ ਤੱਕ ਭੀ ਨਹੀਂ ਸਕਦਾ ।੪।

(ਹਰੇਕ) ਮਰਦ ਭੀ ਪ੍ਰਭੂ ਆਪ ਹੀ ਹੈ ਤੇ (ਹਰੇਕ) ਇਸਤ੍ਰੀ ਭੀ ਆਪ ਹੀ ਹੈ, ਪ੍ਰਭੂ ਆਪ ਹੀ (ਇਹ ਜਗਤ-ਰੂਪ) ਚਉਪੜ (ਦੀ ਖੇਡ) ਹੈ ਤੇ ਆਪ ਹੀ (ਚਉਪੜ ਦੀਆਂ ਜੀਵ-) ਨਰਦਾਂ ਹੈ । ਪਰਮਾਤਮਾ ਨੇ ਆਪ ਹੀ ਇਹ ਜਗਤ (ਚਉਪੜ ਦੀ ਖੇਡ-ਰੂਪ) ਪਿੜ ਤਿਆਰ ਕੀਤਾ ਹੈ, ਆਪ ਹੀ ਇਸ ਖੇਡ ਨੂੰ ਪਰਖ ਰਿਹਾ ਹੈ ।੫।

(ਹੇ ਪ੍ਰਭੂ!) ਤੇਰਾ ਸਹੀ ਸਰੂਪ ਕੀਹ ਹੈ—ਇਹ ਬਿਆਨ ਨਹੀਂ ਕੀਤਾ ਜਾ ਸਕਦਾ । ਤੂੰ ਆਪ ਹੀ (ਆਪਣੇ ਆਪ ਤੋਂ) ਸਾਰੀ ਰਚਨਾ ਰਚਣ ਵਾਲਾ ਹੈਂ । ਤੂੰ ਆਪ ਹੀ ਭੌਰਾ ਹੈਂ, ਆਪ ਹੀ ਫੁੱਲ ਹੈਂ, ਤੂੰ ਆਪ ਹੀ ਫਲ ਹੈਂ, ਤੇ ਆਪ ਹੀ ਰੁੱਖ ਹੈਂ । ਤੂੰ ਆਪ ਹੀ ਪਾਣੀ ਹੈਂ, ਆਪ ਹੀ ਸੁੱਕੀ ਧਰਤੀ ਹੈਂ, ਤੂੰ ਆਪ ਹੀ ਸਮੁੰਦਰ ਹੈਂ ਆਪ ਹੀ ਤਲਾਬ ਹੈਂ । ਤੂੰ ਆਪ ਹੀ ਮੱਛ ਹੈਂ ਆਪ ਹੀ ਕੱਛੂ ਹੈਂ ।੬।

ਪਰਮਾਤਮਾ ਆਪ ਹੀ ਦਿਨ ਹੈ ਆਪ ਹੀ ਰਾਤ ਹੈ, ਉਹ ਆਪ ਹੀ ਗੁਰੂ ਦੇ ਬਚਨਾਂ ਦੀ ਰਾਹੀਂ ਖ਼ੁਸ਼ ਹੋ ਰਿਹਾ ਹੈ, ਸਾਰੇ ਜਗਤ ਦਾ ਮੂਲ ਹੈ, ਜੁਗਾਂ ਦੇ ਭੀ ਆਦਿ ਤੋਂ ਹੈ, ਉਸ ਦਾ ਕਦੇ ਨਾਸ ਨਹੀਂ ਹੋ ਸਕਦਾ, ਹਰ ਵੇਲੇ ਹਰੇਕ ਸਰੀਰ ਵਿਚ ਉਸੇ ਰਜ਼ਾ ਦੇ ਮਾਲਕ ਦੀ ਜੀਵਨ-ਰੌ ਰੁਮਕ ਰਹੀ ਹੈ ।੭।

ਪ੍ਰਭੂ ਆਪ ਹੀ ਇਕ ਐਸਾ ਰਤਨ ਹੈ ਜਿਸ ਵਰਗਾ ਹੋਰ ਕੋਈ ਨਹੀਂ ਤੇ ਜਿਸ ਦਾ ਮੁੱਲ ਨਹੀਂ ਪੈ ਸਕਦਾ । ਪ੍ਰਭੂ ਆਪ ਹੀ ਉਸ ਰਤਨ ਨੂੰ ਪਰਖਦਾ ਹੈ, ਤੇ ਠੀਕ ਤਰ੍ਹਾਂ ਤੋਲਦਾ ਹੈ । ਪ੍ਰਭੂ ਆਪ ਹੀ ਕਿਸੇ ਰਤਨ-ਜੀਵ ਨੂੰ ਕਸਵੱਟੀ ਤੇ ਲਾ ਕੇ ਪਰਵਾਨ ਕਰਦਾ ਹੈ, ਤੇ, ਹੇ ਭਾਈ! ਪ੍ਰਭੂ ਆਪ ਹੀ ਜਗਤ ਦੀ ਵਣਜ-

ਵਪਾਰ ਦੀ ਕਾਰ ਚਲਾ ਰਿਹਾ ਹੈ (ਰਤਨ ਦੇਂਦਾ ਹੈ ਤੇ ਰਤਨ ਲੈਂਦਾ ਹੈ) ।੮।

ਪਰਮਾਤਮਾ ਆਪ ਹੀ ਧਨਖ ਹੈ (ਆਪ ਹੀ ਤੀਰ ਹੈ) ਆਪ ਹੀ ਤੀਰ-ਅੰਦਾਜ਼ ਹੈ । ਆਪ ਹੀ ਸੁਚੱਜਾ ਸੋਹਣਾ ਤੇ ਸਿਆਣਾ ਹੈ । ਹਰ ਥਾਂ ਬੋਲਣ ਵਾਲਾ ਸੁਣਨ ਵਾਲਾ ਉਹੀ ਆਪ ਹੀ ਹੈ ਜਿਸ ਨੇ ਇਹ ਜਗਤ-ਰਚਨਾ ਰਚੀ ਹੈ ।੯।

ਹਵਾ (ਜੋ ਸਰੀਰਾਂ ਲਈ ਇਉਂ ਹੈ ਜਿਵੇਂ) ਗੁਰੂ (ਜੀਵਾਂ ਦੇ ਆਤਮਾ ਵਾਸਤੇ ਹੈ) ਪ੍ਰਭੂ ਆਪ ਹੀ ਹੈ । ਪਾਣੀ (ਜੋ ਸਭ ਜੀਵਾਂ ਦਾ) ਪਿਉ (ਹੈ, ਇਹ ਭੀ) ਪ੍ਰਭੂ ਆਪ ਹੀ ਹੈ । ਧਰਤੀ (ਜੇਹੜੀ ਇਸ ਵਾਸਤੇ ਜੀਵਾਂ ਦੀ) ਮਾਂ ਅਖਵਾਣ-ਜੋਗ ਹੈ ਕਿ ਇਹ ਮਾਂ ਵਾਂਗ ਸਭ ਚੀਜ਼ਾਂ ਨੂੰ ਆਪਣੇ ਪੇਟ ਵਿਚ ਰਖਦੀ ਹੈ ਤੇ ਪੇਟ ਵਿਚੋਂ ਪੈਦਾ ਕਰਦੀ ਹੈ—ਇਹ ਭੀ ਪਰਮਾਤਮਾ ਆਪ ਹੀ ਹੈ (ਕਿਉਂਕਿ ਸਭ ਕੁਝ ਪਰਮਾਤਮਾ ਨੇ ਆਪਣੇ ਆਪ ਤੋਂ ਪਰਗਟ ਕੀਤਾ ਹੈ) । ਦਿਨ ਤੇ ਰਾਤ (ਜੋ ਜੀਵਾਂ ਵਾਸਤੇ) ਦੋਵੇਂ ਖਿਡਾਵੀ ਤੇ ਖਿਡਾਵਾ ਹਨ (ਤੇ ਇਹਨਾਂ ਦੇ ਪ੍ਰਭਾਵ ਵਿਚ) ਜਗਤ ਖੇਡ ਰਿਹਾ ਹੈ, ਇਹ ਭੀ ਉਹ ਆਪ ਹੀ ਹੈ, ਇਹ ਸਾਰੀ ਖੇਡ ਉਹ ਆਪ ਹੀ ਖੇਡ ਰਿਹਾ ਹੈ ।੧੦।

ਹੇ ਪ੍ਰਭੂ ! ਤੂੰ ਆਪ ਹੀ ਮੱਛੀ ਹੈਂ ਤੇ ਆਪ ਹੀ (ਮੱਛੀ ਨੂੰ ਫਸਾਣ ਵਾਲਾ) ਜਾਲ ਹੈਂ; ਤੂੰ ਆਪ ਹੀ ਗਾਂ ਹੈ ਤੇ ਆਪ ਹੀ ਗਾਈਆਂ ਦਾ ਰਾਖਾ ਹੈਂ । ਸਾਰੇ ਜੀਵਾਂ ਵਿਚ ਸਾਰੇ ਜਗਤ ਵਿਚ ਤੇਰੀ ਹੀ ਜੋਤਿ ਮੌਜੂਦ ਹੈ ।

ਜਗਤ ਵਿਚ ਉਹੀ ਕੁਝ ਵਰਤ ਰਿਹਾ ਹੈ ਜਿਵੇਂ ਪ੍ਰਭੂ ਨੇ ਹੁਕਮ ਕੀਤਾ ਹੈ (ਹੁਕਮ ਕਰ ਰਿਹਾ ਹੈ) ।੧੧।

(ਮਾਇਆ ਤੋਂ ਨਿਰਲੇਪ ਹੋਣ ਕਰਕੇ) ਪ੍ਰਭੂ ਆਪ ਹੀ ਜੋਗੀ ਹੈ, (ਤੇ ਸਾਰੇ ਜੀਵਾਂ ਵਿਚ ਵਿਆਪਕ ਹੋਣ ਕਰਕੇ) ਆਪ ਹੀ (ਸਾਰੇ ਪਦਾਰਥਾਂ ਨੂੰ) ਭੋਗਣ ਵਾਲਾ ਹੈ । ਸਭ ਤੋਂ ਵੱਡੇ ਸੰਜੋਗ (ਮਿਲਾਪ) ਦੇ ਕਾਰਨ (ਸਭ ਜੀਵਾਂ ਵਿਚ ਰਮਿਆ ਹੋਣ ਕਰਕੇ) ਪ੍ਰਭੂ ਆਪ ਹੀ ਸਾਰੇ ਰਸ ਮਾਣ ਰਿਹਾ ਹੈ । ਪ੍ਰਭੂ ਆਪ ਹੀ ਉਜਾੜ ਵਿਚ ਰਹਿਣ ਵਾਲਾ ਹੈ, ਪ੍ਰਭੂ ਆਪ ਨਿਰ-ਆਕਾਰ ਹੈ, ਉਸ ਨੂੰ ਕਿਸੇ ਤੋਂ ਡਰ ਨਹੀਂ । ਉਹ ਆਪ ਹੀ ਆਪਣੇ ਸਰੂਪ ਵਿਚ ਸੁਰਤਿ ਜੋੜਨ ਵਾਲਾ ਹੈ ।੧੨।

ਹੇ ਪ੍ਰਭੂ ! ਚੌਹਾਂ ਖਾਣੀਆਂ ਦੇ ਜੀਵ ਤੇ ਉਹਨਾਂ ਦੀਆਂ ਬੋਲੀਆਂ ਭੀ ਤੇਰੇ ਵਿਚ ਹੀ ਸਮਾ ਜਾਂਦੀਆਂ ਹਨ । ਜਗਤ ਵਿਚ ਜੋ ਕੁਝ ਦਿੱਸ ਰਿਹਾ ਹੈ ਉਹ ਜੰਮਣ ਮਰਨ ਦੇ ਗੇੜ ਵਿਚ ਹੈ । ਜਿਨ੍ਹਾਂ ਬੰਦਿਆਂ ਨੂੰ ਸਤਿਗੁਰੂ ਨੇ (ਸਹੀ ਜੀਵਨ ਦੀ) ਸੂਝ ਦਿੱਤੀ ਹੈ ਉਹੀ ਕਦੇ ਘਾਟਾ ਨਾਹ ਖਾਣ ਵਾਲੇ ਸ਼ਾਹ ਹਨ ਤੇ ਵਪਾਰੀ ਹਨ ।੧੩।

ਹੇ ਪ੍ਰਭੂ ! (ਤੇਰਾ ਰੂਪ) ਪੂਰਾ ਸਤਿਗੁਰੂ (ਤੇਰੀ ਸਿਫ਼ਤਿ-ਸਾਲਾਹ ਦੀ) ਬਾਣੀ (ਤੇਰੇ ਪੈਦਾ ਕੀਤੇ ਜੀਵਾਂ ਨੂੰ) ਸਮਝਾਂਦਾ ਹੈ । ਹੇ ਸਦਾ-ਥਿਰ ਰਹਿਣ ਵਾਲੇ ਪ੍ਰਭੂ ! ਤੂੰ ਸਾਰੀਆਂ ਤਾਕਤਾਂ ਦਾ ਮਾਲਕ ਹੈਂ, ਤੂੰ (ਆਪਣੀ ਸਾਰੀ ਰਚਨਾ ਵਿਚ) ਹਰ ਥਾਂ ਮੌਜੂਦ ਹੈਂ । ਕੋਈ ਜੀਵ ਤੇਰੇ ਹੁਕਮ ਨੂੰ ਮੋੜ ਨਹੀਂ ਸਕਦਾ, (ਇਤਨੇ ਵੱਡੇ ਖਲਜਗਨ ਦਾ ਮਾਲਕ ਹੋ ਕੇ ਭੀ) ਤੂੰ ਸਦਾ ਬੇ-ਫ਼ਿਕਰ ਹੈਂ ।

(ਹੇ ਭਾਈ ! ਪਰਮਾਤਮਾ ਆਪਣੇ ਪੈਦਾ ਕੀਤੇ ਜੀਵਾਂ ਵਾਸਤੇ ਸਭ ਕੁਝ ਕਰਦਾ ਹੈ, ਪਰ) ਉਸ ਨੂੰ (ਆਪਣੇ ਵਾਸਤੇ) ਕੋਈ ਰਤਾ ਭਰ ਭੀ ਲਾਲਚ ਨਹੀਂ ਹੈ ।੧੪।

(ਪਰਮਾਤਮਾ ਦੀ ਕਿਰਪਾ ਨਾਲ ਜੇਹੜਾ ਮਨੁੱਖ) ਆਪਣੇ ਹਿਰਦੇ ਵਿਚ ਉਸ ਦੀ ਸਿਫ਼ਤਿ-ਸਾਲਾਹ ਦੀ ਬਾਣੀ ਵਸਾਂਦਾ ਹੈ ਤੇ ਆਤਮਕ ਅਡੋਲਤਾ ਦਾ ਰਸ ਮਾਣਦਾ ਹੈ, ਜਨਮ ਤੇ ਮਰਨ ਉਸ ਦੇ ਨੇੜੇ ਨਹੀਂ ਢੁਕਦੇ (ਉਸ ਨੂੰ ਵੇਖ ਕੇ ਡ਼ੱਲੇ ਹੋ ਜਾਂਦੇ ਹਨ, ਸਹਮ ਜਾਂਦੇ ਹਨ) । (ਪ੍ਰਭੂ ਦੀ ਬਖ਼ਸ਼ੀ ਹੋਈ ਪ੍ਰਭੂ-ਚਰਨਾਂ ਦੀ) ਪ੍ਰੀਤਿ ਦੀ ਰਾਹੀਂ ਜਿਸ ਮਨੁੱਖ ਦੇ ਮਨ ਵਿਚ ਪ੍ਰਭੂ ਦੀ ਭਗਤੀ ਪਿਆਰੀ ਲੱਗਣ ਲੱਗ ਪੈਂਦੀ ਹੈ, ਉਸ ਨੂੰ ਪ੍ਰਭੂ (ਆਪ ਹੀ ਵਿਕਾਰਾਂ ਤੋਂ) ਖ਼ਲਾਸੀ ਦੇਣ ਵਾਲਾ ਹੈ ਆਪ ਹੀ (ਮਾਇਆ ਦੀ ਤ੍ਰਿਸ਼ਨਾ ਤੋਂ) ਤ੍ਰਿਪਤੀ ਦੇਣ ਵਾਲਾ ਹੈ, ਤੇ ਆਪ ਹੀ ਸਭ ਬਖ਼ਸ਼ਸ਼ਾਂ ਕਰਨ ਵਾਲਾ ਹੈ ।੧੫।

ਹੇ ਪ੍ਰਭੂ ! (ਇਤਨਾ ਬੇਅੰਤ ਜਗਤ ਰਚ ਕੇ) ਤੂੰ ਆਪ (ਇਸ ਦੇ ਮੋਹ ਤੋਂ) ਨਿਰਲੇਪ ਹੈਂ । ਹੇ ਪ੍ਰਭੂ ! (ਤੇਰੇ ਰੂਪ) ਗੁਰੂ ਦੀ ਰਾਹੀਂ ਹੀ ਤੇਰੇ ਨਾਲ ਜਾਣ-ਪਛਾਣ ਹੋ ਸਕਦੀ ਹੈ । (ਜਗਤ ਵਿਚ) ਜੋ ਕੁਝ ਦਿੱਸ ਰਿਹਾ ਹੈ ਉਹ ਸਭ ਤੇਰੇ ਵਿਚ ਹੀ ਲੀਨ ਹੋ ਜਾਂਦਾ ਹੈ ।

ਗ਼ਰੀਬ ਨਾਨਕ ਤੇਰੇ ਦਰ ਤੋਂ (ਨਾਮ ਦਾ) ਖ਼ੈਰ ਮੰਗਦਾ ਹੈ । ਹੇ ਪ੍ਰਭੂ ! ਮੈਨੂੰ ਆਪਣਾ ਨਾਮ ਦੇਹ, ਇਹੀ ਮੇਰੇ ਵਾਸਤੇ ਸਭ ਤੋਂ ਉੱਚੀ ਇੱਜ਼ਤ ਹੈ ।੧੬।੧।

ਮਾਰੂ ਮਹਲਾ ੧ ॥ ਆਪੇ ਧਰਤੀ ਧਉਲੁ ਅਕਾਸੰ ॥ ਆਪੇ ਸਾਚੇ ਗੁਣ ਪਰਗਾਸੰ ॥ ਜਤੀ ਸਤੀ ਸੰਤੋਖੀ ਆਪੇ ਆਪੇ ਕਾਰ ਕਮਾਈ ਹੇ ॥੧॥ ਜਿਸੁ ਕਰਣਾ ਸੋ ਕਰਿ ਕਰਿ ਵੇਖੈ ॥ ਕੋਇ ਨ ਮੇਟੈ ਸਾਚੇ ਲੇਖੈ ॥ ਆਪੇ ਕਰੇ ਕਰਾਏ ਆਪੇ ਆਪੇ ਦੇ ਵਡਿਆਈ ਹੇ ॥੨॥ ਪੰਚ ਚੋਰ ਚੰਚਲ ਚਿਤੁ ਚਾਲਹਿ ॥ ਪਰ ਘਰ ਜੋਹਹਿ ਘਰੁ ਨਹੀ ਭਾਲਹਿ ॥ ਕਾਇਆ ਨਗਰੁ ਢਹੈ ਢਹਿ ਢੇਰੀ ਬਿਨੁ ਸਬਦੈ ਪਤਿ ਜਾਈ ਹੇ ॥੩॥ ਗੁਰ ਤੇ ਬੂਝੈ ਤ੍ਰਿਭਵਣੁ ਸੂਝੈ ॥ ਮਨਸਾ ਮਾਰਿ ਮਨੈ ਸਿਉ ਲੂਝੈ ॥ ਜੋ ਤੁਧੁ ਸੇਵਹਿ ਸੇ ਤੁਧ ਹੀ ਜੇਹੇ ਨਿਰਭਉ ਬਾਲ ਸਖਾਈ ਹੇ ॥੪॥ ਆਪੇ ਸੁਰਗੁ ਮਛੁ ਪਇਆਲਾ ॥ ਆਪੇ ਜੋਤਿ ਸਰੂਪੀ ਬਾਲਾ ॥ ਜਟਾ ਬਿਕਟ ਬਿਕਰਾਲ ਸਰੂਪੀ ਰੂਪੁ ਨ ਰੇਖਿਆ ਕਾਈ ਹੇ ॥੫॥ ਬੇਦ ਕਤੇਬੀ ਭੇਦੁ ਨ ਜਾਤਾ ॥ ਨਾ ਤਿਸੁ ਮਾਤ ਪਿਤਾ ਸੁਤ ਭ੍ਰਾਤਾ ॥ ਸਗਲੇ ਸੈਲ ਉਪਾਇ ਸਮਾਏ ਅਲਖੁ ਨ ਲਖਣਾ ਜਾਈ ਹੇ ॥੬॥ ਕਰਿ ਕਰਿ ਥਾਕੀ ਮੀਤ ਘਨੇਰੇ ॥ ਕੋਇ ਨ ਕਾਟੈ ਅਵਗੁਣ ਮੇਰੇ ॥ ਸੁਰਿ ਨਰ ਨਾਥੁ ਸਾਹਿਬੁ ਸਭਨਾ ਸਿਰਿ ਭਾਇ ਮਿਲੈ ਭਉ ਜਾਈ ਹੇ ॥੭॥ ਭੂਲੇ ਚੂਕੇ ਮਾਰਗਿ ਪਾਵਹਿ ॥ ਆਪਿ ਭੁਲਾਇ ਤੂ ਹੈ ਸਮਝਾਵਹਿ ॥ ਬਿਨੁ ਨਾਵੈ ਮੈ ਅਵਰੁ ਨ ਦੀਸੈ ਨਾਵਹੁ ਗਤਿ ਮਿਤਿ ਪਾਈ ਹੇ ॥੮॥ ਗੰਗਾ ਜਮੁਨਾ ਕੇਲ ਕੇਦਾਰਾ ॥ ਕਾਸੀ ਕਾਂਤੀ ਪੁਰੀ ਦੁਆਰਾ ॥ ਗੰਗਾ ਸਾਗਰੁ ਬੇਣੀ ਸੰਗਮੁ ਅਠਸਠਿ ਅੰਕਿ ਸਮਾਈ ਹੇ ॥੯॥ ਆਪੇ ਸਿਧ ਸਾਧਿਕੁ ਵੀਚਾਰੀ ॥ ਆਪੇ ਰਾਜਨੁ ਪੰਚਾ ਕਾਰੀ ॥ ਤਖਤਿ ਬਹੈ ਅਦਲੀ ਪ੍ਰਭੁ ਆਪੇ ਭਰਮੁ ਭੇਦੁ ਭਉ ਜਾਈ ਹੇ ॥੧੦॥ ਆਪੇ ਕਾਜੀ ਆਪੇ ਮੁਲਾ ॥ ਆਪਿ ਅਭੁਲੁ ਨ ਕਬਹੂ ਭੁਲਾ ॥ ਆਪੇ ਮਿਹਰ ਦਇਆਪਤਿ ਦਾਤਾ ਨਾ ਕਿਸੈ ਕੋ ਬੈਰਾਈ ਹੇ ॥੧੧॥ ਜਿਸੁ ਬਖਸੇ ਤਿਸੁ ਦੇ ਵਡਿਆਈ ॥ ਸਭਸੈ ਦਾਤਾ ਤਿਲੁ ਨ ਤਮਾਈ ॥ ਭਰਪੁਰਿ ਧਾਰਿ ਰਹਿਆ ਨਿਹਕੇਵਲੁ ਗੁਪਤੁ ਪ੍ਰਗਟੁ ਸਭ ਠਾਈ ਹੇ ॥੧੨॥ ਕਿਆ ਸਾਲਾਹੀ ਅਗਮ ਅਪਾਰੈ ॥ ਸਾਚੇ ਸਿਰਜਣਹਾਰ ਮੁਰਾਰੈ ॥ ਜਿਸ ਨੋ ਨਦਰਿ ਕਰੇ ਤਿਸੁ ਮੇਲੇ ਮੇਲਿ

ਮਿਲੈ ਮੇਲਾਈ ਹੇ ॥੧੩॥ ਬ੍ਰਹਮਾ ਬਿਸਨੁ ਮਹੇਸੁ ਦੁਆਰੈ ॥ ਊਭੇ ਸੇਵਹਿ ਅਲਖ ਅਪਾਰੈ ॥ ਹੋਰ ਕੇਤੀ ਦਰਿ ਦੀਸੈ ਬਿਲਲਾਦੀ ਮੈ ਗਣਤ ਨ ਆਵੈ ਕਾਈ ਹੇ ॥੧੪॥ ਸਾਚੀ ਕੀਰਤਿ ਸਾਚੀ ਬਾਣੀ ॥ ਹੋਰ ਨ ਦੀਸੈ ਬੇਦ ਪੁਰਾਣੀ ॥ ਪੂੰਜੀ ਸਾਚੁ ਸਚੇ ਗੁਣ ਗਾਵਾ ਮੈ ਧਰ ਹੋਰ ਨ ਕਾਈ ਹੇ ॥੧੫॥ ਜੁਗੁ ਜੁਗੁ ਸਾਚਾ ਹੈ ਭੀ ਹੋਸੀ ॥ ਕਉਣੁ ਨ ਮੂਆ ਕਉਣੁ ਨ ਮਰਸੀ ॥ ਨਾਨਕੁ ਨੀਚੁ ਕਹੈ ਬੇਨੰਤੀ ਦਰਿ ਦੇਖਹੁ ਲਿਵ ਲਾਈ ਹੇ ॥੧੬॥੨॥ {ਪੰਨਾ ੧੦੨੧-੧੦੨੨}

ਪਦ ਅਰਥ :—ਧਉਲੁ—ਬਲਦ (ਜੋ ਧਰਤੀ ਨੂੰ ਆਪਣੇ ਸਿੰਙਾਂ ਉਤੇ ਚੁੱਕ ਕੇ ਖਲੋਤਾ ਮੰਨਿਆ ਜਾਂਦਾ ਹੈ), ਧਰਤੀ ਦਾ ਆਸਰਾ । ਕਾਰ—(ਜਤ ਸਤ ਸੰਤੋਖ ਦੇ ਅਭਿਆਸ ਦੀ) ਕਾਰ ।੧।

ਜਿਸੁ ਕਰਣਾ—ਜਿਸ ਪਰਮਾਤਮਾ ਦਾ ਰਚਿਆ ਜਗਤ । ਵੇਖੈ—ਸੰਭਾਲ ਕਰਦਾ ਹੈ । ਲੇਖੈ—ਲੇਖ ਨੂੰ, ਹੁਕਮ ਨੂੰ । ਸਾਚੇ—ਸਦਾ-ਥਿਰ ਪ੍ਰਭੂ ਦੇ ।੨।

ਚਾਲਹਿ—ਮੋਹ ਲੈਂਦੇ ਹਨ । ਜੋਹਹਿ—ਤੱਕਦੇ ਹਨ । ਘਰੁ—ਆਪਣਾ ਹਿਰਦਾ-ਘਰ । ਕਾਇਆ—ਸਰੀਰ । ਪਤਿ—ਇੱਜ਼ਤ ।੩।

ਤ੍ਰਿਭਵਣੁ—ਤਿੰਨ ਭਵਨਾਂ ਵਿਚ ਵਿਆਪਕ ਪਰਮਾਤਮਾ । ਮਨਸਾ—ਮਨ ਦਾ ਫੁਰਨਾ । ਲੂਝੈ—ਮੁਕਾਬਲਾ ਕਰਦਾ ਹੈ । ਬਾਲ ਸਖਾਈ—ਸਦਾ ਦਾ ਸਾਥੀ ।੪।

ਮਛੁ—ਮਾਤ ਲੋਕ । ਪਇਆਲਾ—ਪਾਤਾਲ । ਬਾਲਾ—ਵੱਡਾ । ਬਿਕਟ—{ਵਿਕਟ—ਡੋਰਮਦਿਓਬਲਣ} ਭਿਆਨਕ । ਬਿਕਰਾਲ—ਡਰਾਉਣੀ । ਸਰੂਪੀ—ਸੋਹਣੇ ਰੂਪ ਵਾਲਾ । ਰੇਖਿਆ—ਰੇਖਾ, ਲਕੀਰ, ਚੱਕ੍ਰ ਚਿਹਨ ।੫।

ਕਤੇਬੀ—ਸ਼ਾਮੀ ਮਜ਼ਹਬਾਂ ਦੀਆਂ ਕਿਤਾਬਾਂ ਨੇ । ਸੁਤ—ਪੁੱਤਰ । ਸੈਲ—ਪਹਾੜ । ਸਮਾਏ—ਲੀਨ ਕਰ ਲੈਂਦਾ ਹੈ ।੬।

ਸੁਰਿ—ਦੇਵਤੇ । ਸਿਰਿ—ਸਿਰ ਉਤੇ । ਭਾਇ—ਪ੍ਰੇਮ ਦੀ ਰਾਹੀਂ ।੭।

ਮਾਰਗਿ—(ਸਹੀ ਜੀਵਨ-) ਰਾਹ ਉਤੇ । ਭੁਲਾਇ—ਭੁਲਾ ਕੇ, ਕੁਰਾਹੇ ਪਾ ਕੇ । ਮੈ—ਮੈਨੂੰ । ਅਵਰੁ—ਕੋਈ ਹੋਰ । ਨਾਵਹੁ—ਨਾਮ ਤੋਂ, ਨਾਮ ਸਿਮਰਨ ਨਾਲ । ਗਤਿ ਮਿਤਿ—ਪ੍ਰਭੂ ਦੀ ਗਤਿ ਤੇ ਪ੍ਰਭੂ ਦੀ ਮਿਤਿ, ਪ੍ਰਭੂ ਕਿਹੋ ਜਿਹਾ ਹੈ ਤੇ ਕੇਡਾ ਵੱਡਾ ਬੇਅੰਤ ਹੈ—ਇਹ ਸੂਝ ।੮।

ਕੇਲ—ਖੇਡ, ਸ੍ਰੀ ਕ੍ਰਿਸ਼ਨ ਜੀ ਦੇ ਖੇਡਣ ਦੀ ਥਾਂ, ਬਿੰਦ੍ਰਾਬਨ । ਕੇਦਾਰਾ—ਗੜ੍ਹਵਾਲ ਦੇ ਇਲਾਕੇ ਵਿਚ ਕੇਦਾਰ ਨਾਥ ਤੀਰਥ । ਕਾਂਤੀ—ਕਾਂਚੀ, ਜਿਸ ਦਾ ਪ੍ਰਸਿੱਧ ਨਾਮ 'ਕਾਂਜੀ-ਵਰਮ' ਹੈ, ਸੱਤ ਪੁਰੀਆਂ ਵਿਚੋਂ ਇਕ ਪਵਿਤ੍ਰ ਪੁਰੀ । ਪੁਰੀ ਦੁਆਰਾ—ਦੁਆਰਕਾ ਪੁਰੀ । ਗੰਗਾ ਸਾਗਰੁ—{ਸਾਗਰੁ—ਸਮੁੰਦਰ} ਜਿਥੇ ਗੰਗਾ ਸਮੁੰਦਰ ਵਿਚ ਪੈਂਦੀ ਹੈ । ਬੇਣੀ ਸੰਗਮੁ—ਤ੍ਰਿਬੇਣੀ (ਗੰਗਾ ਜਮੁਨਾ ਸਰਸ੍ਵਤੀ) ਦਾ ਮੇਲ-ਥਾਂ । ਅਠਸਠਿ—ਅਠਾਹਠ ਤੀਰਥ । ਅੰਕਿ—ਅੰਕ ਵਿਚ, ਸਰੂਪ ਵਿਚ ।੯।

ਸਿਧ—ਜੋਗ-ਸਾਧਨਾਂ ਵਿਚ ਪੁੱਗੇ ਜੋਗੀ । ਸਾਧਿਕੁ—ਜੋਗ-ਸਾਧਨ ਕਰਨ ਵਾਲਾ । ਪੰਚਾ ਕਾਰੀ—ਪੈਂਚਾਂ ਦਾ ਬਣਾਣ ਵਾਲਾ । ਤਖਤਿ—ਤਖ਼ਤ ਉਤੇ । ਅਦਲੀ—ਨਿਆਂ ਕਰਨ ਵਾਲਾ ।੧੦।

ਕਿਸੈ ਕੋ—ਕਿਸੇ ਦਾ । ਬੈਰਾਈ—ਵੈਰੀ ।੧੧।

ਸਭਸੈ—ਹਰੇਕ ਜੀਵ ਦਾ । ਤਮਾਈ—ਤਮ੍ਹਾ, ਲਾਲਚ । ਭਰਪੁਰਿ—ਭਰਪੂਰ, ਨਕਾਨਕ ਵਿਆਪਕ । ਨਿਹਕੇਵਲੁ—{ਨਿÒਕੈ ਵÑਯ} ਸੁੱਧ-ਸਰੂਪ, ਪਵਿਤ੍ਰ । ਠਾਈ—ਥਾਂਵਾਂ ਵਿਚ ।੧੨।

ਅਗਮ—ਅਪਹੁੰਚ ਪ੍ਰਭੂ । ਮੁਰਾਰਿ—ਪਰਮਾਤਮਾ {ਮੁਰ-ਅਰਿ} ।੧੩।

ਦੁਆਰੈ—(ਪ੍ਰਭੂ ਦੇ) ਦਰ ਤੇ । ਮਹੇਸੁ—ਸ਼ਿਵ । ਊਭੇ—ਖਲੋਤੇ । ਹੋਰ ਕੇਤੀ—ਹੋਰ ਬੇਅੰਤ ਲੋਕਾਈ । ਦਰਿ—ਪ੍ਰਭੂ ਦੇ ਦਰ ਤੇ । ਮੈ—ਮੈਥੋਂ । ਕਾਈ ਗਣਤ—ਕੋਈ ਗਿਣਤੀ ।੧੪।

ਸਚੀ—ਸਦਾ-ਥਿਰ ਰਹਿਣ ਵਾਲੀ । ਕੀਰਤਿ—ਸਿਫ਼ਤਿ-ਸਾਲਾਹ । ਪੂੰਜੀ—ਸਰਮਾਇਆ । ਧਰ—ਆਸਰਾ ।੧੫।

ਜੁਗੁ ਜੁਗੁ—ਕੋਈ ਭੀ ਜੁਗ ਹੋਵੇ । ਦੇਖਹੁ—(ਹੇ ਪ੍ਰਭੂ !) ਤੂੰ ਸੰਭਾਲ ਕਰਦਾ ਹੈਂ ।੧੬।

ਅਰਥ :—(ਸਾਰਾ ਜਗਤ ਪ੍ਰਭੂ ਦੇ ਆਪਣੇ ਆਪੇ ਤੋਂ ਪਰਗਟ ਹੋਇਆ ਹੈ, ਇਸ ਵਾਸਤੇ ਪ੍ਰਭੂ) ਆਪ ਹੀ ਧਰਤੀ ਹੈ ਆਪ ਹੀ ਧਰਤੀ ਦਾ ਆਸਰਾ ਹੈ, ਆਪ ਹੀ ਅਕਾਸ਼ ਹੈ । ਪ੍ਰਭੂ ਆਪ ਹੀ ਆਪਣੇ ਸਦਾ-ਥਿਰ ਰਹਿਣ ਵਾਲੇ ਗੁਣਾਂ ਦਾ ਪਰਕਾਸ਼ ਕਰਨ ਵਾਲਾ ਹੈ । ਆਪ ਹੀ ਜਤੀ ਹੈ, ਆਪ ਹੀ ਦਾਨੀ ਹੈ, ਆਪ ਹੀ ਸੰਤੋਖੀ ਹੈ, ਆਪ ਹੀ (ਜੀਵਾਂ ਵਿਚ ਵਿਆਪਕ ਹੋ ਕੇ ਜਤ ਸਤ ਸੰਤੋਖ ਦੇ ਅਭਿਆਸ ਦੀ) ਕਾਰ ਕਮਾਣ ਵਾਲਾ ਹੈ ।੧।

ਜਿਸ ਕਰਤਾਰ ਦਾ ਇਹ ਰਚਿਆ ਸੰਸਾਰ ਹੈ ਉਹ ਇਸ ਨੂੰ ਰਚ ਰਚ ਕੇ ਆਪ ਹੀ ਇਸ ਦੀ ਸੰਭਾਲ ਕਰਦਾ ਹੈ । ਕੋਈ ਜੀਵ ਉਸ ਪਰਮਾਤਮਾ ਦੇ ਸਦਾ-ਥਿਰ ਰਹਿਣ ਵਾਲੇ ਹੁਕਮ ਨੂੰ ਉਲੰਘ ਨਹੀਂ ਸਕਦਾ । (ਜੀਵਾਂ ਵਿਚ ਵਿਆਪਕ ਹੋ ਕੇ) ਪ੍ਰਭੂ ਆਪ ਹੀ ਸਭ ਕੁਝ ਕਰ ਰਿਹਾ ਹੈ, ਆਪ ਹੀ ਜੀਵਾਂ ਪਾਸੋਂ (ਆਪਣੇ ਹੁਕਮ ਅਨੁਸਾਰ ਕੰਮ) ਕਰਵਾ ਰਿਹਾ ਹੈ । ਆਪ ਹੀ (ਜਿਨ੍ਹਾਂ ਨੂੰ ਆਪਣੇ ਨਾਮ ਦੀ ਦਾਤਿ ਦੇਂਦਾ ਹੈ ਉਹਨਾਂ ਨੂੰ) ਆਦਰ ਦੇ ਰਿਹਾ ਹੈ ।੨।

(ਪ੍ਰਭੂ ਦੀ ਆਪਣੀ ਰਜ਼ਾ ਵਿਚ ਹੀ) ਭਰਮਾ ਦੇਣ ਵਾਲੇ ਪੰਜ ਕਾਮਾਦਿਕ ਚੋਰ (ਜੀਵਾਂ ਦੇ) ਮਨ ਮੋਹ ਲੈਂਦੇ ਹਨ । (ਜਿਨ੍ਹਾਂ ਦੇ ਮਨ ਕਾਮਾਦਿਕ ਮੋਹ ਲੈਂਦੇ ਹਨ) ਉਹ ਪਰਾਏ ਘਰ ਤੱਕਦੇ ਹਨ, ਆਪਣੇ ਹਿਰਦੇ-ਘਰ ਨੂੰ ਨਹੀਂ ਖੋਜਦੇ । (ਵਿਕਾਰਾਂ ਵਿਚ ਫਸੇ ਹੋਇਆਂ ਦਾ ਆਖ਼ਰ) ਸਰੀਰ ਸ਼ਹਿਰ ਢਹਿ ਪੈਂਦਾ ਹੈ, ਢਹਿ ਕੇ ਢੇਰੀ ਹੋ ਜਾਂਦਾ ਹੈ; ਗੁਰੂ ਦੇ ਸ਼ਬਦ ਤੋਂ ਵਾਂਜੇ ਰਹਿਣ ਕਰਕੇ ਉਹਨਾਂ ਦੀ ਇੱਜ਼ਤ ਖੋਹੀ ਜਾਂਦੀ ਹੈ ।੩।

(ਹੇ ਪ੍ਰਭੂ ! ਤੇਰੀ ਮੇਹਰ ਨਾਲ ਜੇਹੜਾ ਮਨੁੱਖ) ਗੁਰੂ ਤੋਂ ਗਿਆਨ ਹਾਸਲ ਕਰਦਾ ਹੈ ਉਸ ਨੂੰ ਤੂੰ ਤਿੰਨਾਂ ਭਵਨਾਂ ਵਿਚ ਵਿਆਪਕ ਦਿੱਸ ਪੈਂਦਾ ਹੈਂ, ਉਹ ਮਨੁੱਖ ਮਨ ਦੇ ਮਾਇਕ ਫੁਰਨੇ ਮਾਰ ਕੇ ਮਨ ਨਾਲ ਹੀ ਟാਕਰਾ ਕਰਦਾ ਹੈ (ਤੇ ਇਸ ਨੂੰ ਵੱਸ ਵਿਚ ਰੱਖਦਾ ਹੈ) । ਹੇ ਪ੍ਰਭੂ ! ਜੇਹੜੇ ਬੰਦੇ ਤੈਨੂੰ ਸਿਮਰਦੇ ਹਨ ਉਹ ਤੇਰੇ

ਵਰਗੇ ਹੋ ਜਾਂਦੇ ਹਨ, ਤੂੰ ਕਿਸੇ ਤੋਂ ਨਾ ਡਰਨ ਵਾਲਾ ਉਹਨਾਂ ਦਾ ਸਦਾ ਦਾ ਸਾਥੀ ਬਣ ਜਾਂਦਾ ਹੈਂ ।੪।

(ਸਾਰੀ ਸ੍ਰਿਸ਼ਟੀ ਪ੍ਰਭੂ ਦੇ ਆਪਣੇ ਆਪੇ ਤੋਂ ਪਰਗਟ ਹੋਣ ਕਰਕੇ) ਪ੍ਰਭੂ ਆਪ ਹੀ ਸੁਰਗ-ਲੋਕ ਹੈ, ਆਪ ਹੀ ਮਾਤ-ਲੋਕ ਹੈ, ਆਪ ਹੀ ਪਤਾਲ-ਲੋਕ ਹੈ । ਆਪ ਹੀ ਨਿਰਾ ਚਾਨਣ ਹੀ ਚਾਨਣ ਹੈ ਤੇ ਸਭ ਦਾ ਵੱਡਾ ਹੈ । ਭਿਆਨਕ ਤੇ ਡਰਾਉਣੀਆਂ ਜਟਾਂ ਧਾਰਨ ਵਾਲਾ ਭੀ ਆਪ ਹੀ ਹੈ । ਫਿਰ ਭੀ ਉਸ ਦਾ ਨਾਹ ਕੋਈ ਖ਼ਾਸ ਰੂਪ ਹੈ ਨਾਹ ਕੋਈ ਖ਼ਾਸ ਚਿਹਨ-ਚੱਕ੍ਰ ਹੈ ।੫।

ਨਾਹ ਹੀ ਹਿੰਦੂ ਧਰਮ ਦੀਆਂ ਵੇਦ ਆਦਿਕ ਧਰਮ-ਪੁਸਤਕਾਂ ਨੇ ਤੇ ਨਾਹ ਹੀ ਸ਼ਾਮੀ ਮਤਾਂ ਦੀਆਂ ਕੁਰਾਨ ਆਦਿਕ ਕਿਤਾਬਾਂ ਨੇ ਪਰਮਾਤਮਾ ਦੀ ਹਸਤੀ ਦੀ ਡੂੰਘਾਈ ਨੂੰ ਸਮਝਿਆ ਹੈ । ਉਸ ਪਰਮਾਤਮਾ ਦੀ ਨਾਹ ਕੋਈ ਮਾਂ, ਨਾਹ ਉਸ ਦੇ ਕੋਈ ਖ਼ਾਸ ਪੁੱਤਰ ਤੇ ਨਾਹ ਕੋਈ ਭਰਾ ਹਨ । ਵੱਡੇ ਵੱਡੇ ਪਹਾੜ ਆਦਿਕ ਪੈਦਾ ਕਰ ਕੇ (ਜਦੋਂ ਚਾਹੇ) ਸਾਰੇ ਹੀ ਆਪਣੇ ਵਿਚ ਲੀਨ ਕਰ ਲੈਂਦਾ ਹੈ । ਉਸ ਦਾ ਸਰੂਪ ਬਿਆਨ ਤੋਂ ਪਰੇ ਹੈ, ਬਿਆਨ ਕੀਤਾ ਨਹੀਂ ਜਾ ਸਕਦਾ ।੬।

(ਪਰਮਾਤਮਾ ਤੋਂ ਖੁੰਝ ਕੇ) ਅਨੇਕਾਂ (ਦੇਵੀ ਦੇਵਤਿਆਂ ਨੂੰ) ਮੈਂ ਆਪਣੇ ਮਿੱਤਰ ਬਣਾ ਬਣਾ ਕੇ ਹਾਰ ਗਈ ਹਾਂ, (ਮੇਰੇ ਅੰਦਰੋਂ) ਕੋਈ (ਅਜੇਹਾ ਮਿੱਤਰ) ਮੇਰੇ ਔਗੁਣ ਦੂਰ ਨਹੀਂ ਕਰ ਸਕਿਆ । ਉਹ ਪਰਮਾਤਮਾ ਹੀ ਸਾਰੇ ਦੇਵਤਿਆਂ ਤੇ ਮਨੁੱਖਾਂ ਦਾ ਖਸਮ ਹੈ, ਉਹੀ ਸਭਨਾਂ ਜੀਵਾਂ ਦੇ ਸਿਰ ਉਤੇ ਮਾਲਕ ਹੈ । ਪਿਆਰ ਦੀ ਰਾਹੀਂ ਜਿਸ ਬੰਦੇ ਨੂੰ ਉਹ ਮਿਲ ਪੈਂਦਾ ਹੈ ਉਸ ਦਾ (ਪਾਪਾਂ ਵਿਕਾਰਾਂ ਦਾ ਸਾਰਾ) ਸਹਮ ਦੂਰ ਹੋ ਜਾਂਦਾ ਹੈ ।੭।

ਹੇ ਪ੍ਰਭੂ! ਔਝੜੇ ਕੁਰਾਹੇ ਪਏ ਬੰਦਿਆਂ ਨੂੰ ਤੂੰ ਆਪ ਹੀ ਸਹੀ ਜੀਵਨ-ਰਾਹ ਤੇ ਪਾਂਦਾ ਹੈਂ । ਤੂੰ ਆਪ ਹੀ ਕੁਰਾਹੇ ਪਾ ਕੇ ਫਿਰ ਆਪ ਹੀ (ਸਿੱਧੇ ਰਾਹ ਦੀ) ਸਮਝ ਬਖ਼ਸ਼ਦਾ ਹੈਂ (ਔਝੜ ਤੋਂ ਬਚਣ ਲਈ) ਤੇਰੇ ਨਾਮ ਤੋਂ ਬਿਨਾ ਮੈਨੂੰ ਕੋਈ ਹੋਰ ਵਸੀਲਾ ਦਿੱਸਦਾ ਨਹੀਂ । ਤੇਰਾ ਨਾਮ ਸਿਮਰਿਆਂ ਹੀ ਪਤਾ ਲੱਗਦਾ ਹੈ ਕਿ ਤੂੰ ਕਿਹੋ ਜਿਹਾ (ਦਇਆਲ) ਹੈਂ, ਅਤੇ ਕੇਡਾ ਵੱਡਾ (ਬੇਅੰਤ) ਹੈਂ ।੮।

ਗੰਗਾ, ਜਮੁਨਾ, ਬਿੰਦ੍ਰਾਬਨ, ਕੇਦਾਰ, ਕਾਂਸ਼ੀ, ਕਾਂਤੀ, ਦੁਆਰਕਾ ਪੁਰੀ, ਸਾਗਰ-ਗੰਗਾ, ਤ੍ਰਿਬੇਣੀ ਦਾ ਸੰਗਮ ਆਦਿਕ ਅਠਾਹਠ ਤੀਰਥ ਉਸ ਕਰਤਾਰ-ਪ੍ਰਭੂ ਦੀ ਆਪਣੀ ਹੀ ਗੋਦ ਵਿਚ ਟਿਕੇ ਹੋਏ ਹਨ ।੯।

(ਪ੍ਰਭੂ ਦੇ ਆਪਣੇ ਆਪੇ ਤੋਂ ਪੈਦਾ ਹੋਈ ਇਸ ਸ੍ਰਿਸ਼ਟੀ ਵਿਚ ਕਿਤੇ ਤਿਆਗੀ ਹਨ ਤੇ ਕਿਤੇ ਰਾਜੇ ਹਨ, ਸੋ,) ਪ੍ਰਭੂ ਆਪ ਹੀ ਜੋਗ-ਸਾਧਨਾਂ ਵਿਚ ਪੁੱਗਾ ਹੋਇਆ ਜੋਗੀ ਹੈ, ਆਪ ਹੀ ਜੋਗ-ਸਾਧਨ ਕਰਨ ਵਾਲਾ ਹੈ, ਆਪ ਹੀ ਜੋਗ-ਸਾਧਨਾਂ ਦੀ ਵਿਚਾਰ ਕਰਨ ਵਾਲਾ ਹੈ । ਪ੍ਰਭੂ ਆਪ ਹੀ ਰਾਜਾ ਹੈ ਆਪ ਹੀ (ਆਪਣੇ ਰਾਜ ਵਿਚ) ਪੈਂਚ ਚੌਧਰੀ ਬਣਾਣ ਵਾਲਾ ਹੈ । ਨਿਆਂ ਕਰਨ ਵਾਲਾ ਪ੍ਰਭੂ ਆਪ ਹੀ ਤਖ਼ਤ ਉਤੇ ਬੈਠਾ ਹੋਇਆ ਹੈ, (ਉਸ ਦੀ ਆਪਣੀ ਹੀ ਮੇਹਰ ਨਾਲ ਜਗਤ ਵਿਚੋਂ) ਭਟਕਣਾ, (ਪਰਸਪਰ) ਵਿੱਥ ਤੇ ਡਰ-ਸਹਮ ਦੂਰ ਹੁੰਦਾ ਹੈ ।੧੦।

(ਸਭ ਜੀਵਾਂ ਵਿਚ ਆਪ ਹੀ ਵਿਆਪਕ ਹੋਣ ਕਰਕੇ) ਪ੍ਰਭੂ ਆਪ ਹੀ ਕਾਜ਼ੀ ਹੈ ਆਪ ਹੀ ਮੁੱਲਾਂ ਹੈ (ਜੀਵ ਤਾਂ ਮਾਇਆ ਦੇ ਮੋਹ ਵਿਚ ਫਸ ਕੇ ਭੁੱਲਾਂ ਕਰਦੇ ਰਹਿੰਦੇ ਹਨ, ਪਰ ਸਭ ਵਿਚ ਵਿਆਪਕ ਹੁੰਦਾ ਹੋਇਆ ਭੀ ਪ੍ਰਭੂ) ਆਪ ਅਭੁੱਲ ਹੈ, ਉਹ ਕਦੇ ਉਕਾਈ ਨਹੀਂ ਖਾਂਦਾ । ਉਹ ਕਿਸੇ ਨਾਲ ਵੈਰ ਭੀ ਨਹੀਂ ਕਰਦਾ, ਉਹ ਸਦਾ ਮੇਹਰ ਦਾ ਮਾਲਕ ਹੈ ਦਇਆ ਦਾ ਸੋਮਾ ਹੈ ਸਭ ਜੀਵਾਂ ਨੂੰ ਦਾਤਾਂ ਦੇਂਦਾ ਹੈ ।੧੧।

ਪ੍ਰਭੂ ਜਿਸ ਜੀਵ ਉਤੇ ਬਖ਼ਸ਼ਸ਼ ਕਰਦਾ ਹੈ ਉਸ ਨੂੰ ਵਡਿਆਈ ਦੇਂਦਾ ਹੈ, ਹਰੇਕ ਜੀਵ ਨੂੰ ਦਾਤਾਂ ਦੇਣ ਵਾਲਾ ਹੈ (ਉਸ ਨੂੰ ਕਿਸੇ ਜੀਵ ਪਾਸੋਂ ਕਿਸੇ ਕਿਸਮ ਦਾ) ਰਤਾ ਭਰ ਭੀ ਕੋਈ ਲਾਲਚ ਨਹੀਂ ਹੈ । ਸਭ ਜੀਵਾਂ ਵਿਚ ਵਿਆਪਕ ਹੋ ਕੇ ਸਭ ਨੂੰ ਆਸਰਾ ਦੇ ਰਿਹਾ ਹੈ (ਸਭ ਵਿਚ ਹੁੰਦਾ ਹੋਇਆ ਭੀ ਆਪ) ਪਵਿਤ੍ਰ ਹਸਤੀ ਵਾਲਾ ਹੈ । ਦਿੱਸਦਾ ਜਗਤ ਹੋਵੇ ਚਾਹੇ ਅਣਦਿੱਸਦਾ, ਪ੍ਰਭੂ ਹਰ ਥਾਂ ਮੌਜੂਦ ਹੈ ।੧੨।

ਪਰਮਾਤਮਾ ਅਪਹੁੰਚ ਹੈ, ਉਸ ਦੇ ਗੁਣਾਂ ਦਾ ਪਾਰਲਾ ਬੰਨਾ ਨਹੀਂ ਲੱਭ ਸਕਦਾ, ਉਹ ਸਦਾ-ਥਿਰ ਰਹਿਣ ਵਾਲਾ ਹੈ, ਸਭ ਜੀਵਾਂ ਦਾ ਪੈਦਾ ਕਰਨ ਵਾਲਾ ਹੈ, ਤੇ ਦੈਂਤਾਂ ਦਾ ਨਾਸ ਕਰਨ ਵਾਲਾ ਹੈ । ਮੈਂ ਉਸ ਦੀ ਕੇਹੜੀ ਕੇਹੜੀ ਸਿਫ਼ਤਿ ਦੱਸ ਸਕਦਾ ਹਾਂ? ਜਿਸ ਜੀਵ ਉਤੇ ਮੇਹਰ ਦੀ ਨਜ਼ਰ ਕਰਦਾ ਹੈ ਉਸ ਨੂੰ ਆਪਣੇ ਚਰਨਾਂ ਵਿਚ ਜੋੜ ਲੈਂਦਾ ਹੈ, ਉਹ ਜੀਵ ਪ੍ਰਭੂ ਦੇ ਚਰਨਾਂ ਵਿਚ ਮਿਲਿਆ ਰਹਿੰਦਾ ਹੈ, ਪ੍ਰਭੂ ਆਪ ਹੀ ਮਿਲਾਈ ਰੱਖਦਾ ਹੈ ।੧੩।

(ਵੱਡੇ ਵੱਡੇ ਦੇਵਤੇ ਭੀ) ਕੀਹ ਬ੍ਰਹਮਾ, ਕੀਹ ਵਿਸ਼ਨੂੰ ਤੇ ਕੀਹ ਸ਼ਿਵ—ਸਾਰੇ ਉਸ ਅਲੱਖ ਤੇ ਅਪਾਰ ਪ੍ਰਭੂ ਦੇ ਦਰ ਤੇ ਖਲੋਤੇ ਸੇਵਾ ਵਿਚ ਹਾਜ਼ਰ ਰਹਿੰਦੇ ਹਨ । ਹੋਰ ਭੀ ਇਤਨੀ ਬੇਅੰਤ ਲੋਕਾਈ ਉਸ ਦੇ ਦਰ ਤੇ ਤਰਲੇ ਲੈਂਦੀ ਦਿੱਸ ਰਹੀ ਹੈ ਕਿ ਮੈਥੋਂ ਕੋਈ ਗਿਣਤੀ ਨਹੀਂ ਹੋ ਸਕਦੀ ।੧੪।

ਪਰਮਾਤਮਾ ਦੀ ਸਿਫ਼ਤਿ-ਸਾਲਾਹ ਤੇ ਸਿਫ਼ਤਿ-ਸਾਲਾਹ ਦੀ ਬਾਣੀ ਹੀ ਸਦਾ-ਥਿਰ ਰਹਿਣ ਵਾਲਾ ਸਰਮਾਇਆ ਹੈ । ਵੇਦ ਪੁਰਾਣ ਆਦਿਕ ਧਰਮ-ਪੁਸਤਕਾਂ ਵਿਚ ਭੀ ਇਸ ਰਾਸਿ-ਪੂੰਜੀ ਤੋਂ ਬਿਨਾ ਕੋਈ ਹੋਰ ਸਦਾ-ਥਿਰ ਰਹਿਣ ਵਾਲਾ ਪਦਾਰਥ ਨਹੀਂ ਦਿੱਸਦਾ । ਪ੍ਰਭੂ ਦਾ ਨਾਮ ਹੀ ਅਟੱਲ ਪੂੰਜੀ ਹੈ, ਮੈਂ ਉਸ ਸਦਾ ਅਟੱਲ ਪ੍ਰਭੂ ਦੇ ਗੁਣ ਗਾਂਦਾ ਹਾਂ, ਮੈਨੂੰ ਉਸ ਤੋਂ ਬਿਨਾ ਕੋਈ ਹੋਰ ਆਸਰਾ ਨਹੀਂ ਦਿੱਸਦਾ ।੧੫।

ਪ੍ਰਭੂ ਹਰੇਕ ਜੁਗ ਵਿਚ ਕਾਇਮ ਰਹਿਣ ਵਾਲਾ ਹੈ, ਹੁਣ ਭੀ ਮੌਜੂਦ ਹੈ, ਸਦਾ ਹੀ ਕਾਇਮ ਰਹੇਗਾ । ਜਗਤ ਵਿਚ ਹੋਰ ਜੇਹੜਾ ਭੀ ਜੀਵ ਆਇਆ ਉਹ (ਆਖ਼ਰ) ਮਰ ਗਿਆ, ਜੇਹੜਾ ਭੀ ਆਵੇਗਾ ਉਹ (ਜ਼ਰੂਰ) ਮਰੇਗਾ ।

ਗਰੀਬ ਨਾਨਕ ਬੇਨਤੀ ਕਰਦਾ ਹੈ—ਹੇ ਪ੍ਰਭੂ! ਤੂੰ ਆਪਣੇ ਦਰਬਾਰ ਵਿਚ ਬੈਠਾ ਸਭ ਜੀਵਾਂ ਦੀ ਬੜੇ ਧਿਆਨ ਨਾਲ ਸੰਭਾਲ ਕਰ ਰਿਹਾ ਹੈਂ ।੧੬।੨।

ਮਾਰੂ ਮਹਲਾ ੧ ॥ ਦੂਜੀ ਦੁਰਮਤਿ ਅੰਨੀ ਬੋਲੀ ॥ ਕਾਮ ਕ੍ਰੋਧ ਕੀ ਕਚੀ ਚੋਲੀ ॥ ਘਰਿ ਵਰੁ ਸਹਜੁ ਨ ਜਾਣੈ ਛੋਹਰਿ ਬਿਨੁ ਪਿਰ ਨੀਦ ਨ ਪਾਈ ਹੇ ॥੧॥ ਅੰਤਰਿ ਅਗਨਿ ਜਲੈ ਭੜਕਾਰੇ ॥ ਮਨਮੁਖੁ ਤਕੇ ਕੁੰਡਾ ਚਾਰੇ ॥ ਬਿਨੁ ਸਤਿਗੁਰ ਸੇਵੇ ਕਿਉ ਸੁਖੁ ਪਾਈਐ ਸਾਚੇ ਹਾਥਿ ਵਡਾਈ ਹੇ ॥੨॥ ਕਾਮੁ ਕ੍ਰੋਧੁ ਅਹੰਕਾਰੁ ਨਿਵਾਰੇ ॥ ਤਸਕਰ ਪੰਚ ਸਬਦਿ ਸੰਘਾਰੇ ॥ ਗਿਆਨ ਖੜਗੁ ਲੈ ਮਨ ਸਿਉ ਲੂਝੈ ਮਨਸਾ ਮਨਹਿ ਸਮਾਈ ਹੇ ॥੩॥ ਮਾ ਕੀ ਰਕਤੁ ਪਿਤਾ ਬਿਦੁ ਧਾਰਾ ॥ ਮੂਰਤਿ

ਸੁਰਤਿ ਕਰਿ ਆਪਾਰਾ ॥ ਜੋਤਿ ਦਾਤਿ ਜੇਤੀ ਸਭ ਤੇਰੀ ਤੂ ਕਰਤਾ ਸਭ ਠਾਈ ਹੇ ॥੪॥ ਤੁਝ ਹੀ ਕੀਆ ਜੰਮਣ ਮਰਣਾ ॥ ਗੁਰ ਤੇ ਸਮਝ ਪੜੀ ਕਿਆ ਡਰਣਾ ॥ ਤੂ ਦਇਆਲੁ ਦਇਆ ਕਰਿ ਦੇਖਹਿ ਦੁਖੁ ਦਰਦੁ ਸਰੀਰਹੁ ਜਾਈ ਹੇ ॥੫॥ ਨਿਜ ਘਰਿ ਬੈਸਿ ਰਹੇ ਭਉ ਖਾਇਆ ॥ ਧਾਵਤ ਰਾਖੇ ਠਾਕਿ ਰਹਾਇਆ ॥ ਕਮਲ ਬਿਗਾਸ ਹਰੇ ਸਰ ਸੁਭਰ ਆਤਮ ਰਾਮੁ ਸਖਾਈ ਹੇ ॥੬॥ ਮਰਣੁ ਲਿਖਾਇ ਮੰਡਲ ਮਹਿ ਆਏ ॥ ਕਿਉ ਰਹੀਐ ਚਲਣਾ ਪਰਥਾਏ ॥ ਸਚਾ ਅਮਰੁ ਸਚੇ ਅਮਰਾ ਪੁਰਿ ਸੋ ਸਚੁ ਮਿਲੈ ਵਡਾਈ ਹੇ ॥੭॥ ਆਪਿ ਉਪਾਇਆ ਜਗਤੁ ਸਬਾਇਆ ॥ ਜਿਨਿ ਸਿਰਿਆ ਤਿਨਿ ਧੰਧੈ ਲਾਇਆ ॥ ਸਚੈ ਊਪਰਿ ਅਵਰ ਨ ਦੀਸੈ ਸਾਚੇ ਕੀਮਤਿ ਪਾਈ ਹੇ ॥੮॥ ਐਥੈ ਗੋਇਲੜਾ ਦਿਨ ਚਾਰੇ ॥ ਖੇਲੁ ਤਮਾਸਾ ਧੁੰਧੂਕਾਰੇ ॥ ਬਾਜੀ ਖੇਲਿ ਗਏ ਬਾਜੀਗਰ ਜਿਉ ਨਿਸਿ ਸੁਪਨੈ ਭਖਲਾਈ ਹੇ ॥੯॥ ਤਿਨ ਕਉ ਤਖਤਿ ਮਿਲੀ ਵਡਿਆਈ ॥ ਨਿਰਭਉ ਮਨਿ ਵਸਿਆ ਲਿਵ ਲਾਈ ॥ ਖੰਡੀ ਬ੍ਰਹਮੰਡੀ ਪਾਤਾਲੀ ਪੁਰੀਈ ਤ੍ਰਿਭਵਣ ਤਾੜੀ ਲਾਈ ਹੇ ॥੧੦॥ ਸਾਚੀ ਨਗਰੀ ਤਖਤੁ ਸਚਾਵਾ ॥ ਗੁਰਮੁਖਿ ਸਾਚੁ ਮਿਲੈ ਸੁਖੁ ਪਾਵਾ ॥ ਸਾਚੇ ਸਾਚੈ ਤਖਤਿ ਵਡਾਈ ਹਉਮੈ ਗਣਤ ਗਵਾਈ ਹੇ ॥੧੧॥ ਗਣਤ ਗਣੀਐ ਸਹਸਾ ਜੀਐ ॥ ਕਿਉ ਸੁਖੁ ਪਾਵੈ ਦੂਐ ਤੀਐ ॥ ਨਿਰਮਲੁ ਏਕੁ ਨਿਰੰਜਨੁ ਦਾਤਾ ਗੁਰ ਪੂਰੇ ਤੇ ਪਤਿ ਪਾਈ ਹੇ ॥੧੨॥ ਜੁਗਿ ਜੁਗਿ ਵਿਰਲੀ ਗੁਰਮੁਖਿ ਜਾਤਾ ॥ ਸਾਚਾ ਰਵਿ ਰਹਿਆ ਮਨੁ ਰਾਤਾ ॥ ਤਿਸ ਕੀ ਓਟ ਗਹੀ ਸੁਖੁ ਪਾਇਆ ਮਨਿ ਤਨਿ ਮੈਲੁ ਨ ਕਾਈ ਹੇ ॥੧੩॥ ਜੀਭ ਰਸਾਇਣਿ ਸਾਚੈ ਰਾਤੀ ॥ ਹਰਿ ਪ੍ਰਭੁ ਸੰਗੀ ਭਉ ਨ ਭਰਾਤੀ ॥ ਸ੍ਰਵਣ ਸ੍ਰੋਤ ਰਜੇ ਗੁਰਬਾਣੀ ਜੋਤੀ ਜੋਤਿ ਮਿਲਾਈ ਹੇ ॥੧੪॥ ਰਖਿ ਰਖਿ ਪੈਰ ਧਰੇ ਪਉ ਧਰਣਾ ॥ ਜਤ ਕਤ ਦੇਖਉ ਤੇਰੀ ਸਰਣਾ ॥ ਦੁਖੁ ਸੁਖੁ ਦੇਹਿ ਤੂ ਹੈ ਮਨਿ ਭਾਵਹਿ ਤੁਝ ਹੀ ਸਿਉ ਬਨਿ ਆਈ ਹੇ ॥੧੫॥ ਅੰਤ ਕਾਲਿ ਕੋ ਬੇਲੀ ਨਾਹੀ ॥ ਗੁਰਮੁਖਿ ਜਾਤਾ ਤੁਧੁ ਸਾਲਾਹੀ ॥ ਨਾਨਕ ਨਾਮਿ ਰਤੇ ਬੈਰਾਗੀ ਨਿਜ ਘਰਿ ਤਾੜੀ ਲਾਈ ਹੇ ॥੧੬॥੩॥ {ਪੰਨਾ ੧੦੨੨-੧੦੨੩}

ਪਦ ਅਰਥ :—ਦੂਜੀ—ਪਰਮਾਤਮਾ ਤੋਂ ਬਿਨਾ ਹੋਰ ਹੋਰ ਆਸਰੇ ਦੀ ਝਾਕ । ਦੁਰਮਤਿ—ਭੈੜੀ ਮਤਿ । ਕਚੀ ਚੋਲੀ—ਨਾਸਵੰਤ ਸਰੀਰ । ਘਰਿ—ਹਿਰਦੇ-ਘਰ ਵਿਚ । ਖਸਮ—ਪ੍ਰਭੂ । ਸਹਜੁ—ਆਤਮਕ ਅਡੋਲਤਾ । ਛੋਹਰਿ—ਅੰਞਾਣ ਜੀਵ-ਇਸਤ੍ਰੀ । ਨੀਦ—ਆਤਮਕ ਸ਼ਾਂਤੀ ।੧।

ਅਗਨਿ—ਤ੍ਰਿਸ਼ਨਾ-ਅੱਗ । ਭੜਕਾਰੇ—ਭੜ ਭੜ ਕਰ ਕੇ । ਮਨਮੁਖੁ—ਆਪਣੇ ਮਨ ਦੇ ਪਿੱਛੇ ਤੁਰਨ ਵਾਲਾ ਮਨੁੱਖ ।੨।

ਤਸਕਰ—ਚੋਰ । ਸਬਦਿ—ਸ਼ਬਦ ਦੀ ਰਾਹੀਂ । ਖੜਗੁ—ਤਲਵਾਰ । ਲੂਝੈ—ਲੜਦਾ ਹੈ । ਮਨਹਿ—ਮਨ ਵਿਚ ।੩।

ਮਾ—ਮਾਂ । ਰਕਤੁ—ਰੱਤ, ਲਹੂ । ਬਿਦੁ—ਬਿੰਦੁ, ਵੀਰਜ ਦੀ ਬੂੰਦ । ਜੇਤੀ—ਜਿਤਨੀ ਭੀ ।੪।

ਤੇ—ਤੋਂ । ਦੇਖਹਿ—ਤੂੰ ਸੰਭਾਲ ਕਰਦਾ ਹੈਂ । ਸਰੀਰਹੁ—ਸਰੀਰ ਵਿਚੋਂ ।੫।

ਨਿਜ ਘਰਿ—ਆਪਣੇ ਹਿਰਦੇ-ਘਰ ਵਿਚ । ਖਾਇਆ—ਮੁਕਾ ਦਿੱਤਾ । ਧਾਵਤ—ਮਾਇਆ ਦੇ ਪਿੱਛੇ ਭਟਕਦਿਆਂ ਨੂੰ । ਠਾਕਿ—ਰੋਕ ਕੇ । ਸਰ—ਤਲਾਬ, ਗਿਆਨ-ਇੰਦ੍ਰੇ । ਸੁਭਰ—ਨਕਾਨਕ ਭਰੇ ਹੋਏ (ਨਾਮ-ਅੰਮ੍ਰਿਤ ਨਾਲ) । ਆਤਮਰਾਮੁ—ਪਰਮਾਤਮਾ ।੬।

ਮੰਡਲ—ਸੰਸਾਰ । ਪਰਥਾਏ—ਪਰਲੋਕ ਵਿਚ । ਅਮਰਾਪੁਰਿ—ਉਸ ਪੁਰੀ ਵਿਚ ਜੋ ਸਦਾ ਅਟੱਲ ਹੈ ।੭।

ਸਬਾਇਆ—ਸਾਰਾ । ਜਿਨਿ—ਜਿਸ (ਪ੍ਰਭੂ) ਨੇ । ਸਿਰਿਆ—ਪੈਦਾ ਕੀਤਾ । ਤਿਨਿ—ਉਸ (ਪ੍ਰਭੂ) ਨੇ ।੮।

ਗੋਇਲ—ਦਰਿਆਵਾਂ ਕੰਢੇ ਉਹ ਥਾਂ ਜਿਥੇ ਔੜ ਦੇ ਦਿਨੀਂ ਲੋਕ ਮਾਲ ਡੰਗਰ ਚਾਰਨ ਲਈ ਆ ਟਿਕਦੇ ਹਨ । ਧੁੰਧੂਕਾਰੇ—ਘੁੱਪ ਹਨੇਰੇ ਵਿਚ, ਅਗਿਆਨਤਾ ਦੇ ਹਨੇਰੇ ਵਿਚ । ਨਿਸਿ—ਰਾਤ ਵੇਲੇ । ਸੁਪਨੈ—ਸੁਪਨੇ ਵਿਚ । ਭਖਲਾਈ—ਬਰੜਾਂਦਾ ਹੈ ।੯।

ਤਖਤਿ—ਤਖ਼ਤ ਉਤੇ । ਮਨਿ—ਮਨ ਵਿਚ । ਤਾੜੀ ਲਾਈ ਹੇ—ਵਿਆਪਕ ਹੈ ।੧੦।

ਨਗਰੀ—ਸਰੀਰ । ਤਖਤੁ—ਹਿਰਦਾ । ਗਣਤ—ਮਾਇਆ ਦੀਆਂ ਸੋਚਾਂ ।੧੧।

ਜੀਐ—ਜੀ ਵਿਚ, ਮਨ ਵਿਚ । ਦੂਐ—ਦੂਜੇ ਭਾਵ ਵਿਚ । ਤੀਐ—ਤ੍ਰਿਗੁਣੀ ਮਾਇਆ ਵਿਚ ।੧੨।

ਜੁਗਿ ਜੁਗਿ—ਹਰੇਕ ਜੁਗ ਵਿਚ । ਗਹੀ—ਫੜੀ ।੧੩।

ਰਸਾਇਣਿ—ਰਸਾਂ ਦੇ ਘਰ ਪ੍ਰਭੂ-ਨਾਮ ਵਿਚ । ਭਰਾਤੀ—ਭਟਕਣਾ । ਸ੍ਰਵਣ—ਕੰਨ ।੧੪।

ਕੋ—ਕੋਈ ਭੀ । ਸਾਲਾਹੀ—ਸਾਲਾਹਿ, ਸਲਾਹੁੰਦੇ ਹਨ ।੧੬।

ਅਰਥ :—ਪ੍ਰਭੂ ਤੋਂ ਬਿਨਾ ਕਿਸੇ ਹੋਰ ਆਸਰੇ ਦੀ ਝਾਕ ਐਸੀ ਭੈੜੀ ਮਤਿ ਹੈ ਕਿ ਇਸ ਵਿਚ ਫਸੀ ਹੋਈ ਜੀਵ-ਇਸਤ੍ਰੀ ਅੰਨ੍ਹੀ ਤੇ ਬੋਲੀ ਹੋ ਜਾਂਦੀ ਹੈ (ਨਾਹ ਉਹ ਅੱਖਾਂ ਨਾਲ ਪਰਮਾਤਮਾ ਨੂੰ ਵੇਖ ਸਕਦੀ ਹੈ, ਨਾਹ ਉਹ ਕੰਨਾਂ ਨਾਲ ਪਰਮਾਤਮਾ ਦੀ ਸਿਫ਼ਤਿ-ਸਾਲਾਹ ਸੁਣ ਸਕਦੀ ਹੈ) । ਉਸ ਦਾ ਸਰੀਰ ਕਾਮ ਕ੍ਰੋਧ ਆਦਿਕ ਵਿਚ ਗਲਦਾ ਰਹਿੰਦਾ ਹੈ । ਪਤੀ-ਪ੍ਰਭੂ ਉਸ ਦੇ ਹਿਰਦੇ-ਘਰ ਵਿਚ ਵੱਸਦਾ ਹੈ, ਪਰ ਉਹ ਅੰਞਾਣ ਜੀਵ-ਇਸਤ੍ਰੀ ਉਸ ਨੂੰ ਪਛਾਣ ਨਹੀਂ ਸਕਦੀ, ਆਤਮਕ ਅਡੋਲਤਾ ਉਸ ਦੇ ਅੰਦਰ ਹੀ ਹੈ ਪਰ ਉਹ ਸਮਝ ਨਹੀਂ ਸਕਦੀ । ਪਤੀ-ਪ੍ਰਭੂ ਤੋਂ ਵਿਛੁੜੀ ਹੋਈ ਨੂੰ ਸ਼ਾਂਤੀ ਨਸੀਬ ਨਹੀਂ ਹੁੰਦੀ ।੧।

ਆਪਣੇ ਮਨ ਦੇ ਪਿੱਛੇ ਤੁਰਨ ਵਾਲਾ ਮਨੁੱਖ (ਮਾਇਆ) ਦੀ ਖ਼ਾਤਰ ਚੌਹੀਂ ਪਾਸੀਂ ਭਟਕਦਾ ਹੈ, ਉਸ ਦੇ ਅੰਦਰ ਤ੍ਰਿਸ਼ਨਾ ਦੀ ਅੱਗ ਭੜ ਭੜ ਕਰ ਕੇ ਬਲਦੀ ਹੈ । ਸਤਿਗੁਰੂ ਦੀ ਦੱਸੀ ਸੇਵਾ ਕਰਨ ਤੋਂ ਬਿਨਾ ਆਤਮਕ ਆਨੰਦ ਨਹੀਂ ਮਿਲ ਸਕਦਾ, ਇਹ ਵਡਿਆਈ ਸਦਾ-ਥਿਰ ਪ੍ਰਭੂ ਦੇ ਆਪਣੇ ਹੱਥ ਵਿਚ ਹੈ (ਜਿਸ ਉਤੇ ਮੇਹਰ ਕਰੇ ਉਸੇ ਨੂੰ ਦੇਂਦਾ ਹੈ) ।੨।

(ਗੁਰੂ ਦੀ ਸਰਨ ਪੈ ਕੇ ਜੇਹੜਾ ਮਨੁੱਖ ਆਪਣੇ ਅੰਦਰੋਂ) ਕਾਮ ਕ੍ਰੋਧ ਅਹੰਕਾਰ ਨੂੰ ਦੂਰ ਕਰਦਾ ਹੈ, ਗੁਰੂ ਦੇ ਸ਼ਬਦ ਵਿਚ ਜੁੜ ਕੇ ਕਾਮਾਦਿਕ ਪੰਜ ਚੋਰਾਂ ਨੂੰ ਮਾਰਦਾ ਹੈ, ਗੁਰੂ ਤੋਂ ਮਿਲੇ ਗਿਆਨ ਦੀ ਤਲਵਾਰ ਲੈ ਕੇ ਆਪਣੇ ਮਨ ਨਾਲ ਲੜਾਈ ਕਰਦਾ ਹੈ, ਉਸ ਦੇ ਮਨ ਦਾ ਮਾਇਕ ਫੁਰਨਾ ਮਨ ਦੇ ਵਿਚ ਹੀ ਮੁੱਕ

ਜਾਂਦਾ ਹੈ (ਭਾਵ, ਮਨ ਵਿਚ ਮਾਇਕ ਫੁਰਨੇ ਉੱਠਦੇ ਹੀ ਨਹੀਂ) ।੩।

ਹੇ ਅਪਾਰ ਪ੍ਰਭੂ ! ਮਾਂ ਦਾ ਲਹੂ ਤੇ ਪਿਉ ਦਾ ਵੀਰਜ ਦੀ ਬੂੰਦ ਨੂੰ ਰਲਾ ਕੇ ਤੂੰ ਮਨੁੱਖ ਦਾ ਬੁੱਤ ਬਣਾ ਦਿੱਤਾ ਸੋਹਣੀ ਸ਼ਕਲ ਬਣਾ ਦਿੱਤੀ । ਹਰੇਕ ਜੀਵ ਦੇ ਅੰਦਰ ਤੇਰੀ ਹੀ ਜੋਤਿ ਹੈ, ਜਿਹੜੀ ਭੀ ਪਦਾਰਥਾਂ ਦੀ ਬਖ਼ਸ਼ਸ਼ ਹੈ ਸਭ ਤੇਰੀ ਹੀ ਹੈ, ਤੂੰ ਸਿਰਜਣਹਾਰ ਹਰ ਥਾਂ ਮੌਜੂਦ ਹੈਂ ।੪।

ਹੇ ਪ੍ਰਭੂ ! ਜਨਮ ਤੇ ਮਰਨ (ਦਾ ਸਿਲਸਿਲਾ) ਤੂੰ ਹੀ ਬਣਾਇਆ ਹੈ, ਜਿਸ ਮਨੁੱਖ ਨੂੰ ਗੁਰੂ ਪਾਸੋਂ ਇਹ ਸੂਝ ਪੈ ਜਾਏ ਉਹ ਫਿਰ ਮੌਤ ਤੋਂ ਨਹੀਂ ਡਰਦਾ । ਹੇ ਪ੍ਰਭੂ ! ਤੂੰ ਦਇਆ ਦਾ ਘਰ ਹੈਂ, ਜਿਸ ਮਨੁੱਖ ਵਲ ਤੂੰ ਮੇਹਰ ਦੀ ਨਿਗਾਹ ਕਰ ਕੇ ਵੇਖਦਾ ਹੈਂ ਉਸ ਦੇ ਸਰੀਰ ਵਿਚੋਂ ਦੁਖ ਦਰਦ ਦੂਰ ਹੋ ਜਾਂਦਾ ਹੈ ।੫।

(ਗੁਰੂ ਦੀ ਸਰਨ ਪੈ ਕੇ) ਜੇਹੜੇ ਮਨੁੱਖ ਆਪਣੇ ਹਿਰਦੇ (ਵਿਚ ਵੱਸਦੇ ਪਰਮਾਤਮਾ ਦੀ ਯਾਦ) ਵਿਚ ਟਿਕੇ ਰਹਿੰਦੇ ਹਨ ਉਹ ਮੌਤ ਦਾ ਡਰ ਮੁਕਾ ਲੈਂਦੇ ਹਨ, ਉਹ ਆਪਣੇ ਮਨ ਨੂੰ ਮਾਇਆ ਦੇ ਪਿੱਛੇ ਦੌੜਨੋਂ ਬਚਾ ਲੈਂਦੇ ਹਨ ਤੇ (ਮਾਇਆ ਵਲੋਂ) ਰੋਕ ਕੇ (ਪ੍ਰਭੂ-ਚਰਨਾਂ ਵਿਚ) ਟਿਕਾਂਦੇ ਹਨ, ਉਹਨਾਂ ਦੇ ਹਿਰਦੇ ਕਮਲ ਖਿੜ ਪੈਂਦੇ ਹਨ, ਹਰੇ ਹੋ ਜਾਂਦੇ ਹਨ, ਉਹਨਾਂ ਦੇ (ਗਿਆਨ ਇੰਦ੍ਰੇ-ਰੂਪ) ਤਲਾਬ (ਨਾਮ-ਅੰਮ੍ਰਿਤ ਨਾਲ) ਨਕਾਨਕ ਭਰੇ ਰਹਿੰਦੇ ਹਨ, ਸਰਬ-ਵਿਆਪਕ ਪਰਮਾਤਮਾ ਉਹਨਾਂ ਦਾ (ਸਦਾ ਲਈ) ਮਿੱਤਰ ਬਣ ਜਾਂਦਾ ਹੈ ।੬।

ਜੇਹੜੇ ਭੀ ਜੀਵ ਜਗਤ ਵਿਚ ਆਉਂਦੇ ਹਨ ਉਹ ਮੌਤ (ਦਾ ਪਰਵਾਨਾ ਆਪਣੇ ਸਿਰ ਉਤੇ) ਲਿਖਾ ਕੇ ਹੀ ਆਉਂਦੇ ਹਨ । ਕਿਸੇ ਭੀ ਹਾਲਤ ਵਿਚ ਕੋਈ ਜੀਵ ਇਥੇ ਸਦਾ ਨਹੀਂ ਰਹਿ ਸਕਦਾ, ਹਰੇਕ ਨੇ ਪਰਲੋਕ ਵਿਚ ਜ਼ਰੂਰ ਹੀ ਜਾਣਾ ਹੈ । ਪਰਮਾਤਮਾ ਦਾ ਇਹ ਸਦਾ-ਕਾਇਮ ਰਹਿਣ ਵਾਲਾ ਹੁਕਮ (ਅਮਰ) ਹੈ । ਜੇਹੜੇ ਬੰਦੇ ਸਦਾ-ਥਿਰ ਪ੍ਰਭੂ ਦੀ ਸਦਾ-ਥਿਰ ਪੁਰੀ ਵਿਚ ਟਿਕੇ ਰਹਿੰਦੇ ਹਨ ਉਹਨਾਂ ਨੂੰ ਸਦਾ-ਥਿਰ ਪ੍ਰਭੂ ਮਿਲ ਪੈਂਦਾ ਹੈ, ਉਹਨਾਂ ਨੂੰ (ਪ੍ਰਭੂ-ਮਿਲਾਪ ਦੀ ਇਹ) ਵਡਿਆਈ ਮਿਲਦੀ ਹੈ ।੭।

ਇਹ ਸਾਰਾ ਜਗਤ ਪ੍ਰਭੂ ਨੇ ਆਪ ਹੀ ਪੈਦਾ ਕੀਤਾ ਹੈ । ਜਿਸ (ਪ੍ਰਭੂ) ਨੇ (ਜਗਤ) ਪੈਦਾ ਕੀਤਾ ਹੈ ਉਸ ਨੇ (ਆਪ ਹੀ) ਇਸ ਨੂੰ ਮਾਇਆ ਦੀ ਦੌੜ-ਭੱਜ ਵਿਚ ਲਾ ਦਿੱਤਾ ਹੈ । ਉਸ ਸਦਾ-ਥਿਰ ਰਹਿਣ ਵਾਲੇ ਪਰਮਾਤਮਾ ਦੇ (ਸਿਰ) ਉਤੇ ਕੋਈ ਹੋਰ (ਤਾਕਤ) ਨਹੀਂ ਦਿੱਸਦੀ ਜੋ ਉਸ ਸਦਾ-ਥਿਰ (ਦੀ ਸਮਰਥਾ) ਦਾ ਮੁੱਲ ਪਾ ਸਕੇ ।੮।

(ਜਿਵੇਂ ਔੜ ਦੇ ਦਿਨੀਂ ਦਰਿਆਵਾਂ ਦੇ ਕੰਢੇ ਮਾਲ ਡੰਗਰ ਚਾਰਨ ਆਏ ਲੋਕਾਂ ਦਾ ਉਥੇ ਥੋੜੇ ਹੀ ਦਿਨਾਂ ਲਈ ਟਿਕਾਣਾ ਹੁੰਦਾ ਹੈ, ਤਿਵੇਂ) ਇਥੇ ਜਗਤ ਵਿਚ ਜੀਵਾਂ ਦਾ ਚਾਰ ਦਿਨਾਂ ਦਾ ਹੀ ਵਸੇਬਾ ਹੈ । ਇਹ ਜਗਤ ਇਕ ਖੇਡ ਹੈ, ਇਕ ਤਮਾਸ਼ਾ ਹੈ, ਪਰ (ਜੀਵ ਮਾਇਆ ਦੇ ਮੋਹ ਦੇ ਕਾਰਨ ਅਗਿਆਨਤਾ ਦੇ) ਘੁੱਪ ਹਨੇਰੇ ਵਿਚ ਫਸੇ ਪਏ ਹਨ । ਬਾਜੀਗਰਾਂ ਵਾਂਗ ਜੀਵ (ਮਾਇਆ ਦੀ) ਬਾਜੀ ਖੇਡ ਕੇ ਚਲੇ ਜਾਂਦੇ ਹਨ, (ਇਸ ਖੇਡ ਵਿਚੋਂ ਕਿਸੇ ਦੇ ਹੱਥ-ਪੱਲੇ ਕੁਝ ਨਹੀਂ ਪੈਂਦਾ) ਜਿਵੇਂ ਰਾਤ ਨੂੰ ਸੁਪਨੇ ਵਿਚ ਕੋਈ ਬੰਦਾ (ਧਨ ਲੱਭ ਕੇ) ਬਰੜਾਂਦਾ ਹੈ (ਪਰ ਸੁਪਨਾ ਟੁੱਟਿਆਂ ਕੁਝ ਭੀ ਨਹੀਂ ਰਹਿੰਦਾ) ।੯।

ਜੇਹੜਾ ਪਰਮਾਤਮਾ ਸਾਰੇ ਖੰਡਾਂ ਬ੍ਰਹਮੰਡਾਂ ਪਾਤਾਲਾਂ ਮੰਡਲਾਂ ਵਿਚ ਤਿੰਨਾਂ ਹੀ ਭਵਨਾਂ ਵਿਚ ਗੁਪਤ ਰੂਪ ਵਿਚ ਵਿਆਪਕ ਹੈ ਉਹ ਨਿਰਭਉ ਪ੍ਰਭੂ ਜਿਨ੍ਹਾਂ ਮਨੁੱਖਾਂ ਦੇ ਮਨ ਵਿਚ ਵੱਸ ਪੈਂਦਾ ਹੈ ਜੇਹੜੇ ਮਨੁੱਖ ਉਸ ਪ੍ਰਭੂ ਦੀ ਯਾਦ ਵਿਚ ਜੁੜਦੇ ਹਨ (ਉਹ, ਮਾਨੋ, ਆਤਮਕ ਮੰਡਲ ਵਿਚ ਬਾਦਸ਼ਾਹ ਬਣ ਜਾਂਦੇ ਹਨ) ਉਹਨਾਂ ਨੂੰ ਤਖ਼ਤ ਉਤੇ ਬੈਠਣ ਦੀ ਵਡਿਆਈ ਮਿਲਦੀ ਹੈ (ਉਹ ਸਦਾ ਆਪਣੇ ਹਿਰਦੇ-ਤਖ਼ਤ ਉਤੇ ਬੈਠਦੇ ਹਨ) ।੧੦।

ਜਿਸ ਮਨੁੱਖ ਨੂੰ ਗੁਰੂ ਦੇ ਸਨਮੁਖ ਹੋ ਕੇ ਸਦਾ-ਥਿਰ ਪ੍ਰਭੂ ਮਿਲ ਪੈਂਦਾ ਹੈ ਉਸ ਨੂੰ ਆਤਮਕ ਆਨੰਦ ਪ੍ਰਾਪਤ ਹੋ ਜਾਂਦਾ ਹੈ, ਉਸ ਦਾ ਇਹ ਸਰੀਰ ਉਸ ਦਾ ਇਹ ਹਿਰਦਾ-ਤਖ਼ਤ ਸਦਾ-ਥਿਰ ਪ੍ਰਭੂ ਦਾ ਨਿਵਾਸ-ਥਾਂ ਬਣ ਜਾਂਦਾ ਹੈ । ਉਸ ਮਨੁੱਖ ਨੂੰ ਸਦਾ-ਥਿਰ ਪ੍ਰਭੂ ਦੇ ਸਦਾ-ਥਿਰ ਤਖ਼ਤ ਉਤੇ (ਮਾਇਆ ਵਲੋਂ ਸਦਾ ਅਡੋਲ ਰਹਿਣ ਵਾਲੇ ਹਿਰਦੇ-ਤਖ਼ਤ ਉਤੇ ਬੈਠਣ ਦੀ) ਵਡਿਆਈ ਮਿਲਦੀ ਹੈ । ਉਹ ਮਨੁੱਖ ਹਉਮੈ ਤੇ ਮਾਇਆ ਦੀਆਂ ਸੋਚਾਂ ਦੂਰ ਕਰ ਲੈਂਦਾ ਹੈ ।੧੧।

ਜਿਤਨਾ ਚਿਰ ਮਾਇਆ ਦੀਆਂ ਸੋਚਾਂ ਸੋਚਦੇ ਰਹੀਏ ਜਿੰਦ ਵਿਚ ਸਹਮ ਬਣਿਆ ਹੀ ਰਹਿੰਦਾ ਹੈ, ਨਾਹ ਹੀ ਪ੍ਰਭੂ ਤੋਂ ਬਿਨਾ ਕਿਸੇ ਹੋਰ ਝਾਕ ਵਿਚ ਤੇ ਨਾਹ ਹੀ ਤ੍ਰਿਗੁਣੀ ਮਾਇਆ ਦੀ ਲਗਨ ਵਿਚ—ਸੁਖ ਕਿਤੇ ਨਹੀਂ ਮਿਲਦਾ । ਜਿਸ ਮਨੁੱਖ ਨੇ ਪੂਰੇ ਗੁਰੂ ਦੀ ਸਰਨ ਪੈ ਕੇ ਇੱਜ਼ਤ ਖੱਟ ਲਈ (ਉਸ ਨੂੰ ਨਿਸ਼ਚਾ ਹੋ ਜਾਂਦਾ ਹੈ ਕਿ) ਸਭ ਦਾਤਾਂ ਦੇਣ ਵਾਲਾ ਇਕ ਪਰਮਾਤਮਾ ਹੀ ਹੈ ਜੋ ਪਵਿਤ੍ਰ-ਸਰੂਪ ਹੈ ਤੇ ਜਿਸ ਉਤੇ ਮਾਇਆ-ਕਾਲਖ ਦਾ ਪ੍ਰਭਾਵ ਨਹੀਂ ਪੈਂਦਾ ।੧੨।

ਹਰੇਕ ਜੁਗ ਵਿਚ (ਭਾਵ, ਜੁਗ ਭਾਵੇਂ ਕੋਈ ਹੋਵੇ) ਕਿਸੇ ਉਸ ਵਿਰਲੇ ਨੇ ਹੀ ਸਦਾ-ਥਿਰ ਪ੍ਰਭੂ ਨਾਲ ਸਾਂਝ ਪਾਈ ਹੈ ਜੋ ਗੁਰੂ ਦੀ ਸਰਨ ਪਿਆ ਹੈ । ਉਹ ਸਦਾ-ਥਿਰ ਪ੍ਰਭੂ ਸਭ ਥਾਂ ਮੌਜੂਦ ਹੈ । (ਗੁਰੂ ਦੀ ਰਾਹੀਂ ਜਿਸ ਦਾ) ਮਨ (ਉਸ ਪ੍ਰਭੂ ਦੇ ਪ੍ਰੇਮ-ਰੰਗ ਵਿਚ) ਰੰਗਿਆ ਗਿਆ ਹੈ, ਜਿਸ ਨੇ ਉਸ ਸਦਾ-ਥਿਰ ਪ੍ਰਭੂ ਦਾ ਪੱਲਾ ਫੜਿਆ ਹੈ ਉਸ ਨੂੰ ਆਤਮਕ ਆਨੰਦ ਮਿਲ ਗਿਆ ਹੈ, ਉਸ ਦੇ ਮਨ ਵਿਚ ਉਸ ਦੇ ਤਨ ਵਿਚ (ਵਿਕਾਰਾਂ ਦੀ) ਕੋਈ ਮੈਲ ਨਹੀਂ ਰਹਿ ਜਾਂਦੀ ।੧੩।

ਜਿਸ ਮਨੁੱਖ ਦੀ ਜੀਭ ਸਭ ਰਸਾਂ ਦੇ ਸੋਮੇ ਸਦਾ-ਥਿਰ ਪ੍ਰਭੂ ਦੇ ਨਾਮ-ਰੰਗ ਵਿਚ ਰੰਗੀ ਜਾਂਦੀ ਹੈ, ਹਰੀ ਪਰਮਾਤਮਾ ਉਸ ਦਾ (ਸਦਾ ਲਈ) ਸਾਥੀ ਬਣ ਜਾਂਦਾ ਹੈ, ਉਸ ਨੂੰ ਕੋਈ ਡਰ ਨਹੀਂ ਵਿਆਪਦਾ, ਉਸ ਨੂੰ ਕੋਈ ਭਟਕਣਾ ਨਹੀਂ ਰਹਿ ਜਾਂਦੀ । ਸਤਿਗੁਰੂ ਦੀ ਬਾਣੀ ਸੁਣਨ ਵਿਚ ਉਸ ਦੇ ਕੰਨ ਸਦਾ ਮਸਤ ਰਹਿੰਦੇ ਹਨ, ਉਸ ਦੀ ਸੁਰਤਿ ਪ੍ਰਭੂ ਦੀ ਜੋਤਿ ਵਿਚ ਮਿਲੀ ਰਹਿੰਦੀ ਹੈ ।੧੪।

ਹੇ ਪ੍ਰਭੂ ! ਮੈਂ ਜਿਧਰ ਤੱਕਦਾ ਹਾਂ ਉਧਰ ਸਭ ਜੀਵ ਤੇਰੀ ਹੀ ਸਰਨ ਪੈਂਦੇ ਹਨ । ਜਿਸ ਮਨੁੱਖ ਦੀ ਪ੍ਰੀਤਿ ਸਿਰਫ਼ ਤੇਰੇ ਨਾਲ ਹੀ ਨਿਭ ਰਹੀ ਹੈ (ਭਾਵ, ਜਿਸ ਨੇ ਹੋਰ ਆਸਰੇ ਛੱਡ ਕੇ ਇਕ ਤੇਰਾ ਆਸਰਾ ਫੜਿਆ ਹੈ) ਉਹ ਮਨੁੱਖ ਧਰਤੀ ਉਤੇ ਆਪਣਾ ਜੀਵਨ-ਪੰਧ ਮੁਕਾਂਦਿਆਂ ਬੜੇ ਗਹੁ ਨਾਲ ਪੈਰ ਰੱਖਦਾ ਹੈ (ਵਿਕਾਰਾਂ ਵਾਲੇ ਪਾਸੇ ਉੱਕਾ ਹੀ ਪੈਰ ਨਹੀਂ ਪਾਂਦਾ), ਤੂੰ ਹੀ ਉਸ ਦੇ ਮਨ ਵਿਚ ਪਿਆਰਾ ਲੱਗਦਾ ਹੈਂ, (ਉਸ ਨੂੰ ਨਿਸ਼ਚਾ ਹੋ ਜਾਂਦਾ ਹੈ ਕਿ) ਤੂੰ ਹੀ ਸੁਖ ਦੇਂਦਾ ਹੈਂ ਤੂੰ ਹੀ ਦੁੱਖ ਦੇਂਦਾ ਹੈਂ ।੧੫।

ਜੇਹੜੇ ਮਨੁੱਖ ਗੁਰੂ ਦੀ ਸਰਨ ਪੈਂਦੇ ਹਨ ਉਹ ਇਹ ਸਮਝ ਲੈਂਦੇ ਹਨ ਕਿ ਜਗਤ ਵਿਚ ਅਖ਼ੀਰਲੇ ਵੇਲੇ ਕੋਈ (ਸਾਕ ਅੰਗ) ਸਾਥੀ ਨਹੀਂ ਬਣ ਸਕਦਾ, (ਇਸ

ਵਾਸਤੇ, ਹੇ ਪ੍ਰਭੂ!) ਉਹ ਤੇਰੀ ਹੀ ਸਿਫ਼ਤਿ-ਸਾਲਾਹ ਕਰਦੇ ਹਨ । ਹੇ ਨਾਨਕ! ਉਹ ਮਨੁੱਖ ਪ੍ਰਭੂ ਦੇ ਨਾਮ-ਰੰਗ ਵਿਚ ਰੰਗੇ ਰਹਿੰਦੇ ਹਨ, ਉਹ ਮਾਇਆ ਦੇ ਮੋਹ ਵਲੋਂ ਉਪਰਾਮ ਰਹਿੰਦੇ ਹਨ, ਉਹ ਸਦਾ ਆਪਣੇ ਹਿਰਦੇ-ਘਰ ਵਿਚ ਟਿਕ ਕੇ ਪ੍ਰਭੂ-ਚਰਨਾਂ ਵਿਚ ਜੁੜੇ ਰਹਿੰਦੇ ਹਨ ।੧੬।੩।

ਮਾਰੂ ਮਹਲਾ ੧ ॥ ਆਦਿ ਜੁਗਾਦੀ ਅਪਰ ਅਪਾਰੇ ॥ ਆਦਿ ਨਿਰੰਜਨ ਖਸਮ ਹਮਾਰੇ ॥ ਸਾਚੇ ਜੋਗ ਜੁਗਤਿ ਵੀਚਾਰੀ ਸਾਚੇ ਤਾੜੀ ਲਾਈ ਹੇ ॥੧॥ ਕੇਤੜਿਆ ਜੁਗ ਧੁੰਧੂਕਾਰੈ ॥ ਤਾੜੀ ਲਾਈ ਸਿਰਜਣਹਾਰੈ ॥ ਸਚੁ ਨਾਮੁ ਸਚੀ ਵਡਿਆਈ ਸਾਚੈ ਤਖਤਿ ਵਡਾਈ ਹੇ ॥੨॥ ਸਤਜੁਗਿ ਸਤੁ ਸੰਤੋਖੁ ਸਰੀਰਾ ॥ ਸਤਿ ਸਤਿ ਵਰਤੈ ਗਹਿਰ ਗੰਭੀਰਾ ॥ ਸਚਾ ਸਾਹਿਬੁ ਸਚੁ ਪਰਖੈ ਸਾਚੈ ਹੁਕਮਿ ਚਲਾਈ ਹੇ ॥੩॥ ਸਤ ਸੰਤੋਖੀ ਸਤਿਗੁਰੁ ਪੂਰਾ ॥ ਗੁਰ ਕਾ ਸਬਦੁ ਮਨੇ ਸੋ ਸੂਰਾ ॥ ਸਾਚੀ ਦਰਗਹ ਸਾਚੁ ਨਿਵਾਸਾ ਮਾਨੈ ਹੁਕਮੁ ਰਜਾਈ ਹੇ ॥੪॥ ਸਤਜੁਗਿ ਸਾਚੁ ਕਹੈ ਸਭੁ ਕੋਈ ॥ ਸਚਿ ਵਰਤੈ ਸਾਚਾ ਸੋਈ ॥ ਮਨਿ ਮੁਖਿ ਸਾਚੁ ਭਰਮ ਭਉ ਭੰਜਨੁ ਗੁਰਮੁਖਿ ਸਾਚੁ ਸਖਾਈ ਹੇ ॥੫॥ ਤ੍ਰੇਤੈ ਧਰਮ ਕਲਾ ਇਕ ਚੂਕੀ ॥ ਤੀਨਿ ਚਰਣ ਇਕ ਦੁਬਿਧਾ ਸੂਕੀ ॥ ਗੁਰਮੁਖਿ ਹੋਵੈ ਸੁ ਸਾਚੁ ਵਖਾਣੈ ਮਨਮੁਖਿ ਪਚੈ ਅਵਾਈ ਹੇ ॥੬॥ ਮਨਮੁਖਿ ਕਦੇ ਨ ਦਰਗਹ ਸੀਝੈ ॥ ਬਿਨੁ ਸਬਦੈ ਕਿਉ ਅੰਤਰੁ ਰੀਝੈ ॥ ਬਾਧੇ ਆਵਹਿ ਬਾਧੇ ਜਾਵਹਿ ਸੋਝੀ ਬੂਝ ਨ ਕਾਈ ਹੇ ॥੭॥ ਦਇਆ ਦੁਆਪੁਰਿ ਅਧੀ ਹੋਈ ॥ ਗੁਰਮੁਖਿ ਵਿਰਲਾ ਚੀਨੈ ਕੋਈ ॥ ਦੁਇ ਪਗ ਧਰਮੁ ਧਰੇ ਧਰਣੀਧਰ ਗੁਰਮੁਖਿ ਸਾਚੁ ਤਿਥਾਈ ਹੇ ॥੮॥ ਰਾਜੇ ਧਰਮੁ ਕਰਹਿ ਪਰਥਾਏ ॥ ਆਸਾ ਬੰਧੇ ਦਾਨੁ ਕਰਾਏ ॥ ਰਾਮ ਨਾਮ ਬਿਨੁ ਮੁਕਤਿ ਨ ਹੋਈ ਥਾਕੇ ਕਰਮ ਕਮਾਈ ਹੇ ॥੯॥ ਕਰਮ ਧਰਮ ਕਰਿ ਮੁਕਤਿ ਮੰਗਾਹੀ ॥ ਮੁਕਤਿ ਪਦਾਰਥੁ ਸਬਦਿ ਸਲਾਹੀ ॥ ਬਿਨੁ ਗੁਰ ਸਬਦੈ ਮੁਕਤਿ ਨ ਹੋਈ ਪਰਪੰਚੁ ਕਰਿ ਭਰਮਾਈ ਹੇ ॥੧੦॥ ਮਾਇਆ ਮਮਤਾ ਛੋਡੀ ਨ ਜਾਈ ॥ ਸੇ ਛੂਟੇ ਸਚੁ ਕਾਰ ਕਮਾਈ ॥ ਅਹਿਨਿਸਿ ਭਗਤਿ ਰਤੇ ਵੀਚਾਰੀ ਠਾਕੁਰ ਸਿਉ ਬਣਿ ਆਈ ਹੇ ॥੧੧॥ ਇਕਿ ਜਪ ਤਪ ਕਰਿ ਕਰਿ ਤੀਰਥ ਨਾਵਹਿ ॥ ਜਿਉ ਤੁਧੁ ਭਾਵੈ ਤਿਵੈ ਚਲਾਵਹਿ ॥ ਹਠਿ ਨਿਗ੍ਰਹਿ ਅਪਤੀਜੁ ਨ ਭੀਜੈ ਬਿਨੁ ਹਰਿ ਗੁਰ ਕਿਨਿ ਪਤਿ ਪਾਈ ਹੇ ॥੧੨॥ ਕਲੀ ਕਾਲ ਮਹਿ ਇਕ ਕਲ ਰਾਖੀ ॥ ਬਿਨੁ ਗੁਰ ਪੂਰੇ ਕਿਨੈ ਨ ਭਾਖੀ ॥ ਮਨਮੁਖਿ ਕੂੜੁ ਵਰਤੈ ਵਰਤਾਰਾ ਬਿਨੁ ਸਤਿਗੁਰ ਭਰਮੁ ਨ ਜਾਈ ਹੇ ॥੧੩॥ ਸਤਿਗੁਰੁ ਵੇਪਰਵਾਹੁ ਸਿਰੰਦਾ ॥ ਨਾ ਜਮ ਕਾਣਿ ਨ ਛੰਦਾ ਬੰਦਾ ॥ ਜੋ ਤਿਸੁ ਸੇਵੇ ਸੋ ਅਬਿਨਾਸੀ ਨਾ ਤਿਸੁ ਕਾਲੁ ਸੰਤਾਈ ਹੇ ॥੧੪॥ ਗੁਰ ਮਹਿ ਆਪੁ ਰਖਿਆ ਕਰਤਾਰੇ ॥ ਗੁਰਮੁਖਿ ਕੋਟਿ ਅਸੰਖ ਉਧਾਰੇ ॥ ਸਰਬ ਜੀਆ ਜਗਜੀਵਨੁ ਦਾਤਾ ਨਿਰਭਉ ਮੈਲੁ ਨ ਕਾਈ ਹੇ ॥੧੫॥ ਸਗਲੇ ਜਾਚਹਿ ਗੁਰ ਭੰਡਾਰੀ ॥ ਆਪਿ ਨਿਰੰਜਨੁ ਅਲਖ ਅਪਾਰੀ ॥ ਨਾਨਕੁ ਸਾਚੁ ਕਹੈ ਪ੍ਰਭ ਜਾਚੈ ਮੈ ਦੀਜੈ ਸਾਚੁ ਰਜਾਈ ਹੇ ॥੧੬॥੪॥ {ਪੰਨਾ ੧੦੨੩-੧੦੨੪}

ਪਦ ਅਰਥ :—ਆਦਿ—ਹੇ ਸ੍ਰਿਸ਼ਟੀ ਦੇ ਮੂਲ ਪ੍ਰਭੂ! ਜੁਗਾਦੀ—ਹੇ ਜੁਗਾਂ ਦੇ ਆਦਿ ਤੋਂ ਮੌਜੂਦ ਪ੍ਰਭੂ! ਅਪਰ—ਹੇ ਪ੍ਰਭੂ ਜਿਸ ਤੋਂ ਪਰੇ ਹੋਰ ਕੋਈ ਨਹੀਂ । ਅਪਾਰੇ—ਹੇ ਪ੍ਰਭੂ ਜਿਸ ਦਾ ਪਾਰਲਾ ਬੰਨਾ ਨਹੀਂ ਦਿੱਸਦਾ । ਨਿਰੰਜਨ—ਹੇ ਮਾਇਆ ਦੇ ਪ੍ਰਭਾਵ ਤੋਂ ਪਰੇ ਪ੍ਰਭੂ! ਸਾਚੇ—ਹੇ ਸਦਾ-ਥਿਰ! ਜੋਗ ਜੁਗਤਿ—ਜੀਵਾਂ ਨੂੰ ਆਪਣੇ ਨਾਲ ਮਿਲਾਣ ਦੀ ਜੁਗਤਿ । ਵੀਚਾਰੀ—ਹੇ ਵਿਚਾਰਨ ਵਾਲੇ ਹਰੀ! ਸਾਚੇ ਤਾੜੀ ਲਾਈ ਹੇ—ਹੇ ਆਪਣੇ ਆਪ ਵਿਚ ਸੁਰਤਿ ਜੋੜੀ ਰੱਖਣ ਵਾਲੇ ਸਦਾ-ਥਿਰ ਪ੍ਰਭੂ! ।੧।

ਧੁੰਧੂਕਾਰੈ—ਧੁੰਧੂਕਾਰ ਵਿਚ, ਇਕ-ਰਸ ਘੁੱਪ ਹਨੇਰੇ ਵਿਚ, ਉਸ ਅਵਸਥਾ ਵਿਚ ਜਿਸ ਦੀ ਬਾਬਤ ਕੁਝ ਭੀ ਪਤਾ ਨਹੀਂ ਲੱਗ ਸਕਦਾ । ਸਿਰਜਣਹਾਰੈ—ਸਿਰਜਣਹਾਰ ਨੇ । ਸਚੁ—ਸਦਾ-ਥਿਰ ਰਹਿਣ ਵਾਲਾ । ਤਖਤਿ—ਤਖ਼ਤ ਉਤੇ ।੨।

ਸਤਜੁਗਿ—ਸਤਜੁਗ ਵਿਚ, ਸਤਜੁਗ ਦੇ ਪ੍ਰਭਾਵ ਵਿਚ । ਸਰੀਰਾ—ਸਰੀਰਾਂ ਵਿਚ, ਮਨੁੱਖਾਂ ਵਿਚ (ਵਰਤੈ) । ਸਤਿ—ਸਦਾ-ਥਿਰ ਰਹਿਣ ਵਾਲਾ ਪ੍ਰਭੂ । ਗਹਿਰ—ਡੂੰਘਾ । ਗੰਭੀਰਾ—ਵੱਡੇ ਜਿਗਰੇ ਵਾਲਾ । ਸਾਚੈ ਹੁਕਮਿ—ਆਪਣੇ ਅਟੱਲ ਹੁਕਮ ਵਿਚ । ਚਲਾਈ ਹੇ—ਜਗਤ ਦੀ ਕਾਰ ਚਲਾਂਦਾ ਹੈ ।੩।

ਸਤ ਸੰਤੋਖੀ—ਸਤ ਅਤੇ ਸੰਤੋਖ ਦਾ ਮਾਲਕ । ਮਨੇ—ਮੰਨੇ, ਮੰਨਦਾ ਹੈ । ਸੂਰਾ—ਸੂਰਮਾ! ਰਜਾਈ—ਰਜ਼ਾ ਦੇ ਮਾਲਕ ਪ੍ਰਭੂ ਦਾ ।੪।

ਸਾਚੁ—ਸਦਾ-ਥਿਰ ਪ੍ਰਭ ਦਾ ਨਾਮ । ਸਭੁ ਕੋਈ—ਹਰੇਕ ਜੀਵ (ਜੋ ਸਤਜੁਗ ਦੇ ਪ੍ਰਭਾਵ ਵਿਚ ਹੈ) । ਸਚਿ—ਸਦਾ-ਥਿਰ ਪ੍ਰਭੂ ਵਿਚ । ਮਨਿ—ਮਨ ਵਿਚ । ਮੁਖਿ—ਮੂੰਹ ਵਿਚ । ਭਰਮ-ਭਉ-ਭੰਜਨੁ—(ਜੀਵਾਂ ਦੀ) ਭਟਕਣਾ ਤੇ ਡਰ ਦੂਰ ਕਰਨ ਵਾਲਾ ਪ੍ਰਭੂ । ਗੁਰਮੁਖਿ—ਜੇਹੜਾ ਮਨੁੱਖ ਗੁਰੂ ਦੀ ਸਰਨ ਪੈਂਦਾ ਹੈ । ਸਖਾਈ—ਮਿੱਤਰ ।੫।

ਤ੍ਰੇਤੈ—ਤ੍ਰੇਤੇ ਵਿਚ, ਤ੍ਰੇਤੇ ਦੇ ਪ੍ਰਭਾਵ ਵਿਚ । ਧਰਮ ਕਲਾ—ਧਰਮ ਦੀ ਇਕ ਤਾਕਤ । ਚੂਕੀ—ਮੁੱਕ ਜਾਂਦੀ ਹੈ । ਚਰਣ—ਪੈਰ । ਸੂਕੀ—ਸ਼ੂਕਦੀ ਹੈ, ਪ੍ਰਬਲ ਹੋ ਜਾਂਦੀ ਹੈ । ਦੁਬਿਧਾ—ਮੇਰ-ਤੇਰ । ਸਾਚੁ—ਸਦਾ-ਥਿਰ ਰਹਿਣ ਵਾਲੇ ਪ੍ਰਭੂ ਦਾ ਨਾਮ । ਵਖਾਣੈ—ਸਿਮਰਦਾ ਹੈ । ਮਨਮੁਖਿ—ਆਪਣੇ ਮਨ ਦੇ ਪਿੱਛੇ ਤੁਰਨ ਵਾਲਾ ਮਨੁੱਖ । ਪਚੈ—ਖ਼ੁਆਰ ਹੁੰਦਾ ਹੈ । ਅਵਾਈ—ਅਵੈੜਾ-ਪਨ ਵਿਚ ।੬।

ਕਦੇ—ਕੋਈ ਭੀ ਸਮਾ ਹੋਵੇ । ਸੀਝੈ—ਕਾਮਯਾਬ ਹੁੰਦਾ, ਪਰਵਾਨ ਹੁੰਦਾ । ਅੰਤਰੁ—ਅੰਤਰ ਆਤਮਾ, ਹਿਰਦਾ । ਰੀਝੈ—ਰੀਝ ਵਿਚ ਆਉਂਦਾ, (ਸਿਮਰਨ ਦੇ) ਉਤਸ਼ਾਹ ਵਿਚ ਆਉਂਦਾ ।੭।

ਦੁਆਪੁਰਿ—ਦੁਆਪੁਰ ਵਿਚ, ਦੁਆਪੁਰ ਦੇ ਪ੍ਰਭਾਵ ਵਿਚ । ਹੋਈ—ਹੋ ਜਾਂਦੀ ਹੈ । ਚੀਨੈ—ਪਛਾਣਦਾ ਹੈ । ਦੁਇ—ਦੋ । ਪਗ—ਪੈਰ । ਧਰਣੀਧਰ—ਧਰਤੀ ਦਾ ਆਸਰਾ । ਤਿਥਾਈ—ਉਥੇ ਹੀ, ਪ੍ਰਭੂ-ਚਰਨਾਂ ਵਿਚ ਹੀ ।੮।

ਪਰਥਾਏ—ਕਿਸੇ ਗ਼ਰਜ਼ ਵਾਸਤੇ । ਬੰਧੇ—ਬੱਝੇ ਹੋਏ । ਮੁਕਤਿ—(ਆਸਾ ਦੇ ਬੰਧਨਾਂ ਤੋਂ) ਖ਼ਲਾਸੀ ।੯।

ਮੰਗਾਹੀ—ਮੰਗਦੇ ਹਨ । ਸਾਲਾਹੀ—ਸਿਫ਼ਤਿ-ਸਾਲਾਹ ਦੀ ਰਾਹੀਂ । ਪਰਪੰਚੁ—ਜਗਤ ਦੀ ਖੇਡ ।੧੦।

ਸਚੁ ਕਾਰ—ਸਦਾ-ਥਿਰ ਪ੍ਰਭੂ ਦਾ ਸਿਮਰਨ-ਰੂਪ ਕਾਰ । ਅਹਿ—ਦਿਨ । ਨਿਸਿ—ਰਾਤ ।੧੧।

ਇਕਿ—ਕਈ ਮਨੁੱਖ । ਹਠਿ—ਹਠ ਨਾਲ (ਕੀਤੇ ਕਰਮਾਂ ਦਾ ਰਾਹੀਂ) । ਨਿਗ੍ਰਹਿ—ਇੰਦ੍ਰਿਆਂ ਨੂੰ ਰੋਕਣ ਦੇ ਜਤਨ ਨਾਲ । ਅਪਤੀਜੁ—ਨਾਹ ਪਤੀਜਣ ਵਾਲਾ

ਮਨ ।੧੨।

ਇਕ ਕਲ—ਧਰਮ ਦੀ ਇਕੋ ਸ਼ਕਤੀ । ਰਾਖੀ—ਰਹਿ ਜਾਂਦਾ ਹੈ । ਭਾਖੀ—ਦੱਸੀ, ਸਮਝਾਈ । ਮਨਮੁਖਿ—ਆਪਣੇ ਮਨ ਦੇ ਪਿੱਛੇ ਤੁਰਨ ਵਾਲੇ ਬੰਦੇ ਦੇ ਅੰਦਰ । ਕੂੜੁ—ਝੂਠ, ਮਾਇਆ ਦਾ ਮੋਹ । ਕੂੜੁ ਵਰਤੈ ਵਰਤਾਰਾ—ਮਾਇਆ ਦਾ ਮੋਹ ਆਪਣਾ ਜ਼ੋਰ ਪਾਈ ਰੱਖਦਾ ਹੈ ।੧੩।

ਸਿਰੰਦਾ—ਸਿਰਜਣਹਾਰ (ਦਾ ਰੂਪ) । ਕਾਣਿ—ਮੁਥਾਜੀ । ਛੰਦਾ ਬੰਦਾ—ਬੰਦਿਆਂ ਦੀ ਮੁਥਾਜੀ ।੧੪।

ਆਪੁ—ਆਪਣਾ ਆਪ । ਕਰਤਾਰੇ—ਕਰਤਾਰਿ, ਕਰਤਾਰ ਨੇ । ਗੁਰਮੁਖਿ—ਗੁਰੂ ਦੀ ਸਰਨ ਪੈਣ ਵਾਲੇ । ਉਧਾਰੇ—(ਪਰਮਾਤਮਾ) ਉੱਧਾਰਦਾ ਹੈ ।੧੫।

ਜਾਚਹਿ—ਮੰਗਦੇ ਹਨ । ਸਾਚੁ—ਸਦਾ-ਥਿਰ ਨਾਮ । ਕਹੈ—ਸਿਮਰਦਾ ਹੈ । ਰਜਾਈ—ਹੇ ਰਜ਼ਾ ਦੇ ਮਾਲਕ ਪ੍ਰਭੂ ! ।੧੬।

ਅਰਥ :—ਹੇ ਸਾਰੀ ਰਚਨਾ ਦੇ ਮੂਲ! ਹੇ ਜੁਗਾਂ ਦੇ ਸ਼ੁਰੂ ਤੋਂ ਮੌਜੂਦ ਪ੍ਰਭੂ! ਹੇ ਅਪਰ ਤੇ ਅਪਾਰ ਹਰੀ! ਹੇ ਨਿਰੰਜਨ! ਹੇ ਸਾਡੇ ਖਸਮ! ਹੇ ਸਦਾ-ਥਿਰ ਪ੍ਰਭੂ! ਹੇ ਮਿਲਾਪ ਦੀ ਜੁਗਤਿ ਨੂੰ ਵਿਚਾਰਨ ਵਾਲੇ! (ਜਦੋਂ ਤੂੰ ਸੰਸਾਰ ਦੀ ਰਚਨਾ ਨਹੀਂ ਕੀਤੀ ਸੀ) ਤੂੰ ਆਪਣੇ ਆਪ ਵਿਚ ਸਮਾਧੀ ਲਾਈ ਹੋਈ ਸੀ ।੧।

(ਜਗਤ-ਰਚਨਾ ਤੋਂ ਪਹਿਲਾਂ) ਸਿਰਜਣਹਾਰ ਨੇ ਅਨੇਕਾਂ ਹੀ ਜੁਗ ਉਸ ਅਵਸਥਾ ਵਿਚ ਸਮਾਧੀ ਲਾਈ ਜਿਸ ਦੀ ਬਾਬਤ ਕੁਝ ਪਤਾ ਨਹੀਂ ਲੱਗ ਸਕਦਾ । ਉਸ ਸਿਰਜਣਹਾਰ ਦਾ ਨਾਮ ਸਦਾ-ਥਿਰ ਰਹਿਣ ਵਾਲਾ ਹੈ, ਉਸ ਦੀ ਵਡਿਆਈ ਸਦਾ ਕਾਇਮ ਰਹਿਣ ਵਾਲੀ ਹੈ, ਉਹ ਵਡਿਆਈ ਦਾ ਮਾਲਕ ਪ੍ਰਭੂ ਸਦਾ ਟਿਕੇ ਰਹਿਣ ਵਾਲੇ ਤਖ਼ਤ ਉਤੇ ਸਦਾ ਬੈਠਾ ਹੋਇਆ ਹੈ ।੨।

(ਜਗਤ-ਰਚਨਾ ਕਰ ਕੇ) ਉਹ ਸਦਾ-ਥਿਰ ਰਹਿਣ ਵਾਲਾ, ਡੂੰਘਾ ਤੇ ਵੱਡੇ ਜਿਗਰੇ ਵਾਲਾ ਪ੍ਰਭੂ (ਹਰ ਥਾਂ) ਵਿਆਪਕ ਹੋ ਰਿਹਾ ਹੈ । ਜਿਨ੍ਹਾਂ ਪ੍ਰਾਣੀਆਂ ਦੇ ਅੰਦਰ (ਉਸ ਸਿਰਜਣਹਾਰ ਦੀ ਮੇਹਰ ਦਾ ਸਦਕਾ) ਸਤ ਅਤੇ ਸੰਤੋਖ (ਵਾਲਾ ਜੀਵਨ ਉੱਘੜਦਾ) ਹੈ ਉਹ, ਮਾਨੋ, ਸਤਜੁਗ ਵਿਚ (ਵੱਸ ਰਹੇ ਹਨ) । ਸਦਾ-ਥਿਰ ਰਹਿਣ ਵਾਲਾ ਮਾਲਕ (ਸਭ ਜੀਵਾਂ ਦੀ) ਸਹੀ ਪਰਖ ਕਰਦਾ ਹੈ, ਉਹ ਸ੍ਰਿਸ਼ਟੀ ਦੀ ਕਾਰ ਨੂੰ ਆਪਣੇ ਅਟੱਲ ਹੁਕਮ ਵਿਚ ਚਲਾ ਰਿਹਾ ਹੈ ।੩।

ਪੂਰਾ ਗੁਰੂ (ਭੀ) ਸਤ ਤੇ ਸੰਤੋਖ ਦਾ ਮਾਲਕ ਹੈ । ਜੇਹੜਾ ਮਨੁੱਖ ਗੁਰੂ ਦਾ ਸ਼ਬਦ ਮੰਨਦਾ ਹੈ (ਆਪਣੇ ਹਿਰਦੇ ਵਿਚ ਟਿਕਾਂਦਾ ਹੈ) ਉਹ ਸੂਰਮਾ (ਬਣ ਜਾਂਦਾ) ਹੈ (ਵਿਕਾਰ ਉਸ ਨੂੰ ਜਿੱਤ ਨਹੀਂ ਸਕਦੇ) । ਉਹ ਮਨੁੱਖ ਸਦਾ-ਥਿਰ ਪ੍ਰਭੂ ਦੀ ਹਜ਼ੂਰੀ ਵਿਚ ਸਦਾ ਦਾ ਨਿਵਾਸ ਪ੍ਰਾਪਤ ਕਰ ਲੈਂਦਾ ਹੈ, ਉਹ ਉਸ ਰਜ਼ਾ ਦੇ ਮਾਲਕ ਪ੍ਰਭੂ ਦਾ ਹੁਕਮ ਮੰਨਦਾ ਹੈ ।੪।

ਜੇਹੜਾ ਜੇਹੜਾ ਬੰਦਾ ਸਦਾ-ਥਿਰ ਪ੍ਰਭੂ ਦਾ ਸਿਮਰਨ ਕਰਦਾ ਹੈ ਉਹ, ਮਾਨੋ, ਸਤਜੁਗ ਵਿਚ ਹੈ । ਉਹ ਸਦਾ-ਥਿਰ ਪ੍ਰਭੂ ਦੀ ਯਾਦ ਵਿਚ ਟਿਕਿਆ ਹੋਇਆ ਹੀ ਜਗਤ ਦੀ ਕਾਰ ਕਰਦਾ ਹੈ, ਉਸ ਨੂੰ ਹਰ ਥਾਂ ਸਦਾ-ਥਿਰ ਪ੍ਰਭੂ ਹੀ ਦਿੱਸਦਾ ਹੈ । ਉਸ ਦੇ ਮਨ ਵਿਚ ਉਸ ਦੇ ਮੂੰਹ ਵਿਚ ਸਦਾ-ਥਿਰ ਪ੍ਰਭੂ (ਦੀ ਯਾਦ) ਹੈ । ਜੇਹੜਾ ਮਨੁੱਖ ਗੁਰੂ ਦੇ ਸਨਮੁਖ ਰਹਿੰਦਾ ਹੈ ਭਟਕਣਾ ਤੇ ਸਹਮ ਦੂਰ ਕਰਨ ਵਾਲਾ ਸਦਾ-ਥਿਰ ਪ੍ਰਭੂ ਉਸ ਦਾ ਸਦਾ ਦਾ ਸਾਥੀ ਬਣ ਜਾਂਦਾ ਹੈ ।੫।

ਜਿਸ ਮਨੁੱਖ ਦੇ ਅੰਦਰੋਂ ਧਰਮ ਦੀ ਇਕ ਤਾਕਤ ਮੁੱਕ ਜਾਂਦੀ ਹੈ, ਜਿਸ ਦੇ ਅੰਦਰ ਧਰਮ ਦੇ ਤਿੰਨ ਪੈਰ ਰਹਿ ਜਾਂਦੇ ਹਨ ਤੇ ਮੇਰ-ਤੇਰ ਜ਼ੋਰ ਪਾ ਲੈਂਦੀ ਹੈ ਉਹ, ਮਾਨੋ, ਤ੍ਰੇਤੇ ਜੁਗ ਵਿਚ ਵੱਸ ਰਿਹਾ ਹੈ । ਆਪਣੇ ਮਨ ਦੇ ਪਿੱਛੇ ਤੁਰਨ ਵਾਲਾ ਬੰਦਾ (ਮੇਰ-ਤੇਰ ਦੇ) ਅਵੈੜਾ-ਪਨ ਵਿਚ ਖ਼ੁਆਰ ਹੁੰਦਾ ਹੈ, ਜੇਹੜਾ ਮਨੁੱਖ ਗੁਰੂ ਦੇ ਸਨਮੁਖ ਰਹਿੰਦਾ ਹੈ ਉਹ ਸਦਾ-ਥਿਰ ਪ੍ਰਭੂ ਦਾ ਸਿਮਰਨ ਕਰਦਾ ਹੈ (ਤੇ, ਉਹ, ਮਾਨੋ, ਸਤਜੁਗ ਵਿਚ ਹੈ) ।੬।

ਆਪਣੇ ਮਨ ਦੇ ਪਿੱਛੇ ਤੁਰਨ ਵਾਲਾ ਬੰਦਾ ਕਦੇ ਪਰਮਾਤਮਾ ਦੀ ਹਜ਼ੂਰੀ ਵਿਚ ਆਦਰ ਨਹੀਂ ਪਾਂਦਾ, ਉਸ ਦਾ ਅੰਤਰ ਆਤਮਾ ਕਦੇ ਭੀ (ਸਿਮਰਨ ਦੇ) ਉਤਸ਼ਾਹ ਵਿਚ ਨਹੀਂ ਆਉਂਦਾ । ਅਜੇਹੇ ਬੰਦੇ ਆਪਣੇ ਮਨ ਦੀਆਂ ਵਾਸਨਾ ਵਿਚ ਬੱਝੇ ਹੋਏ ਜਗਤ ਵਿਚ ਆਉਂਦੇ ਹਨ ਤੇ ਬੱਝੇ ਹੋਏ ਹੀ ਇਥੋਂ ਚਲੇ ਜਾਂਦੇ ਹਨ, ਉਹਨਾਂ ਨੂੰ (ਸਹੀ ਜੀਵਨ-ਮਾਰਗ ਦੀ) ਕੋਈ ਸੂਝ ਨਹੀਂ ਹੁੰਦੀ ।੭।

ਜਿਨ੍ਹਾਂ ਬੰਦਿਆਂ ਦੇ ਅੰਦਰ ਦਇਆ ਅੱਧੀ ਰਹਿ ਗਈ (ਦਇਆ ਦਾ ਪ੍ਰਭਾਵ ਕਮਜ਼ੋਰ ਹੋ ਗਿਆ) ਜਿਨ੍ਹਾਂ ਦੇ ਹਿਰਦੇ ਵਿਚ ਧਰਤੀ ਦਾ ਆਸਰਾ ਧਰਮ ਸਿਰਫ਼ ਦੋ ਪੈਰ ਟਿਕਾਂਦਾ ਹੈ (ਭਾਵ, ਜਿਨ੍ਹਾਂ ਦੇ ਅੰਦਰ ਸੁਰੀ ਸੰਪਤਾ ਤੇ ਅਸੁਰੀ ਸੰਪਤਾ ਇਕੋ ਜਿਹੀ ਹੋ ਗਈ) ਉਹ, ਮਾਨੋ, ਦੁਆਪੁਰ ਵਿਚ ਵੱਸਦੇ ਹਨ । ਪਰ ਜੇਹੜਾ ਕੋਈ ਵਿਰਲਾ ਬੰਦਾ ਗੁਰੂ ਦੀ ਸਰਨ ਪੈਂਦਾ ਹੈ ਉਹ (ਜੀਵਨ ਦੇ ਸਹੀ ਰਾਹ ਨੂੰ) ਪਛਾਣਦਾ ਹੈ, ਉਹ ਉਸੇ ਆਤਮਕ ਅਵਸਥਾ ਵਿਚ ਟਿਕਿਆ ਰਹਿੰਦਾ ਹੈ ਜਿਥੇ ਸਦਾ-ਥਿਰ ਪ੍ਰਭੂ ਉਸ ਦੇ ਅੰਦਰ ਪ੍ਰਤੱਖ ਵੱਸਦਾ ਹੈ ।੮।

ਰਾਜੇ ਲੋਕ ਕਿਸੇ ਗ਼ਰਜ਼ ਦੀ ਖ਼ਾਤਰ ਧਰਮ ਕਮਾਂਦੇ ਹਨ, ਦੁਨੀਆਵੀ ਆਸਾਂ ਦੇ ਬੱਝੇ ਹੋਏ ਦਾਨ-ਪੁੰਨ ਕਰਦੇ ਹਨ (ਇਹ ਸਭ ਕੁਝ ਉਸ ਲਕ-ਟੁੱਟੀ ਦਇਆ ਦੇ ਕਾਰਨ ਹੀ ਕਰਦੇ ਹਨ, ਇਹ ਲੋਕ ਤੇ ਪਰਲੋਕ ਦੋਹਾਂ ਦੇ ਸੁਖ ਹੀ ਭਾਲਦੇ ਹਨ) । (ਦਾਨ-ਪੁੰਨ ਆਦਿਕ ਦੇ) ਕਰਮ ਕਰ ਕੇ ਥੱਕ ਜਾਂਦੇ ਹਨ, ਪਰਮਾਤਮਾ ਦਾ ਨਾਮ ਸਿਮਰਨ ਤੋਂ ਬਿਨਾ (ਦੁਨੀਆ ਦੇ ਸੁਖਾਂ ਦੀਆਂ ਆਸਾਂ ਤੋਂ) ਉਹਨਾਂ ਨੂੰ ਖ਼ਲਾਸੀ ਨਹੀਂ ਮਿਲਦੀ (ਇਸ ਵਾਸਤੇ ਆਤਮਕ ਆਨੰਦ ਨਹੀਂ ਮਿਲਦਾ) ।੯।

ਸਿਰਜਣਹਾਰ ਨੇ ਇਹ ਜਗਤ-ਰਚਨਾ ਕਰ ਕੇ ਜੀਵਾਂ ਨੂੰ ਅਜਬ ਭੁਲੇਖੇ ਵਿਚ ਪਾਇਆ ਹੋਇਆ ਹੈ ਕਿ (ਦਾਨ-ਪੁੰਨ ਤੀਰਥ ਆਦਿਕ) ਕਰਮ ਕਰ ਕੇ ਮੁਕਤੀ ਮੰਗਦੇ ਹਨ । ਪਰ ਮੁਕਤੀ ਦੇਣ ਵਾਲਾ ਨਾਮ-ਪਦਾਰਥ ਗੁਰੂ ਦੇ ਸ਼ਬਦ ਦੀ ਰਾਹੀਂ ਪ੍ਰਭੂ ਦੀ ਸਿਫ਼ਤਿ-ਸਾਲਾਹ ਕੀਤਿਆਂ ਹੀ ਮਿਲਦਾ ਹੈ । (ਇਹ ਪੱਕੀ ਗੱਲ ਹੈ ਕਿ ਸਮੇ ਦਾ ਨਾਮ ਚਾਹੇ ਸਤਜੁਗ ਰੱਖ ਲਵੋ ਚਾਹੇ ਤ੍ਰੇਤਾ ਤੇ ਚਾਹੇ ਦੁਆਪੁਰ) ਗੁਰੂ ਦੇ ਸ਼ਬਦ ਤੋਂ ਬਿਨਾ ਮੁਕਤੀ ਨਹੀਂ ਮਿਲ ਸਕਦੀ ।੧੦।

(ਸਮਾ ਕੋਈ ਭੀ ਹੋਵੇ) ਮਾਇਆ ਦੀ ਅਪਣੱਤ ਛੱਡੀ ਨਹੀਂ ਜਾ ਸਕਦੀ । ਸਿਰਫ਼ ਉਹੀ ਬੰਦੇ (ਇਸ ਮਮਤਾ ਦੇ ਪੰਜੇ ਵਿਚੋਂ) ਖ਼ਲਾਸੀ ਪਾਂਦੇ ਹਨ ਜੇਹੜੇ ਸਦਾ-ਥਿਰ ਪ੍ਰਭੂ ਦੇ ਸਿਮਰਨ ਦੀ ਕਾਰ ਕਰਦੇ ਹਨ, ਜੇਹੜੇ ਦਿਨ ਰਾਤ ਪਰਮਾਤਮਾ ਦੀ ਭਗਤੀ (ਦੇ ਰੰਗ) ਵਿਚ ਰੰਗੇ ਰਹਿੰਦੇ ਹਨ, ਜੇਹੜੇ ਉਸ ਦੇ ਗੁਣਾਂ ਦੀ ਵਿਚਾਰ ਕਰਦੇ ਹਨ ਤੇ (ਇਸ ਤਰ੍ਹਾਂ) ਜਿਨ੍ਹਾਂ ਦੀ ਪ੍ਰੀਤਿ ਮਾਲਕ-ਪ੍ਰਭੂ ਨਾਲ ਬਣੀ ਰਹਿੰਦੀ ਹੈ ।੧੧।

ਹੇ ਪ੍ਰਭੂ! ਅਨੇਕਾਂ ਬੰਦੇ ਐਸੇ ਹਨ ਜੋ ਜਪ ਕਰਦੇ ਹਨ ਤਪ ਤਾਪਦੇ ਹਨ ਤੀਰਥਾਂ ਤੇ ਜਾਂਦੇ ਹਨ (ਤੇ ਇਸ ਤਰ੍ਹਾਂ ਇਸ ਲੋਕ ਵਿਚ ਤੇ ਪਰਲੋਕ ਵਿਚ ਇੱਜ਼ਤ

ਹਾਸਲ ਕਰਨੀ ਚਾਹੁੰਦੇ ਹਨ) । (ਪਰ ਹੇ ਪ੍ਰਭੂ! ਉਹਨਾਂ ਦੇ ਭੀ ਕੀਹ ਵੱਸ?) ਜਿਵੇਂ ਤੇਰੀ ਰਜ਼ਾ ਹੈ ਤੂੰ ਉਹਨਾਂ ਨੂੰ ਇਸ ਰਾਹੇ ਤੋਰ ਰਿਹਾ ਹੈਂ । (ਉਹ ਵਿਚਾਰੇ ਨਹੀਂ ਸਮਝਦੇ ਕਿ) ਧੱਕੇ ਨਾਲ ਇੰਦ੍ਰਿਆਂ ਨੂੰ ਵੱਸ ਕਰਨ ਦਾ ਜਤਨ ਕੀਤਿਆਂ ਇਹ ਕਦੇ ਨ ਪਤੀਜਣ ਵਾਲਾ ਮਨ ਤੇਰੇ ਨਾਮ-ਰਸ ਵਿਚ ਗਿੱਝ ਨਹੀਂ ਸਕਦਾ ।

ਗੁਰੂ ਦੀ ਸਰਨ ਤੋਂ ਬਿਨਾ ਕਿਸੇ ਨੇ ਕਦੇ ਪ੍ਰਭੂ ਦੀ ਹਜ਼ੂਰੀ ਵਿਚ ਇੱਜ਼ਤ ਨਹੀਂ ਪ੍ਰਾਪਤ ਕੀਤੀ (ਸਮੇ ਤੇ ਜੁਗ ਦਾ ਨਾਮ ਚਾਹੇ ਕੁਝ ਪਿਆ ਹੋਵੇ) ।੧੨।

ਪੂਰੇ ਗੁਰੂ ਤੋਂ ਬਿਨਾ ਕਦੇ ਕਿਸੇ ਨੇ ਇਹ ਗੱਲ ਨਹੀਂ ਸਮਝਾਈ ਕਿ (ਜੇ ਧਰਮ-ਸੱਤਿਆ ਦੇ ਚਾਰ ਹਿੱਸੇ ਕਰ ਦਿੱਤੇ ਜਾਣ ਤੇ ਜੇ ਕਿਸੇ ਮਨੁੱਖ ਦੇ ਅੰਦਰ) ਧਰਮ ਦੀ ਇਕੋ ਸਤਿਆ ਰਹਿ ਜਾਏ ਤਾਂ ਉਹ ਮਨੁੱਖ, ਮਾਨੋ, ਕਲਿਜੁਗ ਵਿਚ ਵੱਸਦਾ ਹੈ, ਆਪਣੇ ਮਨ ਦੇ ਪਿੱਛੇ ਤੁਰਨ ਵਾਲੇ ਉਸ ਮਨੁੱਖ ਦੇ ਅੰਦਰ ਮਾਇਆ ਦਾ ਮੋਹ ਹੀ ਆਪਣਾ ਜ਼ੋਰ ਪਾਈ ਰੱਖਦਾ ਹੈ (ਉਸ ਦੇ ਅੰਦਰ ਸਦਾ ਮਾਇਆ ਦੀ ਭਟਕਣਾ ਬਣੀ ਰਹਿੰਦੀ ਹੈ) ਸਤਿਗੁਰੂ ਦੀ ਸਰਨ ਪੈਣ ਤੋਂ ਬਿਨਾ ਉਸ ਦੀ ਇਹ ਭਟਕਣਾ ਦੂਰ ਨਹੀਂ ਹੁੰਦੀ ।੧੩।

ਸਤਿਗੁਰੂ ਸਿਰਜਣਹਾਰ ਦਾ ਰੂਪ ਹੈ, ਗੁਰੂ ਦੁਨੀਆ ਦੀਆਂ ਗ਼ਰਜ਼ਾਂ ਤੋਂ ਬਹੁਤ ਉੱਚਾ ਹੈ, ਗੁਰੂ ਨੂੰ ਜਮ ਦਾ ਡਰ ਨਹੀਂ, ਗੁਰੂ ਨੂੰ ਦੁਨੀਆ ਦੇ ਬੰਦਿਆਂ ਦੀ ਮੁਥਾਜੀ ਨਹੀਂ । ਜੇਹੜਾ ਮਨੁੱਖ ਗੁਰੂ ਦੀ ਦੱਸੀ ਸੇਵਾ ਕਰਦਾ ਹੈ ਉਹ ਨਾਸ-ਰਹਿਤ ਹੋ ਜਾਂਦਾ ਹੈ (ਉਸ ਨੂੰ ਕਦੇ ਆਤਮਕ ਮੌਤ ਨਹੀਂ ਆਉਂਦੀ) ਮੌਤ ਦਾ ਡਰ ਉਸ ਨੂੰ ਕਦੇ ਨਹੀਂ ਸਤਾਂਦਾ ।੧੪।

ਕਰਤਾਰ ਨੇ ਆਪਣਾ ਆਪ ਗੁਰੂ ਵਿਚ ਲੁਕਾ ਰੱਖਿਆ ਹੈ, ਉਹ ਜਗਤ ਦੀ ਜ਼ਿੰਦਗੀ ਦਾ ਆਸਰਾ ਹੈ ਉਹ ਸਭ ਜੀਵਾਂ ਨੂੰ ਦਾਤਾਂ ਦੇਂਦਾ ਹੈ, ਉਸ ਨੂੰ ਕਿਸੇ ਦਾ ਡਰ ਨਹੀਂ, ਉਸ ਨੂੰ (ਮਾਇਆ-ਮੋਹ ਆਦਿਕ ਦੀ) ਕੋਈ ਮੈਲ ਨਹੀਂ ਲੱਗ ਸਕਦੀ । ਉਹ ਕਰਤਾਰ ਗੁਰੂ ਦੀ ਰਾਹੀਂ ਕ੍ਰੋੜਾਂ ਤੇ ਅਸੰਖਾਂ ਜੀਵਾਂ ਨੂੰ (ਸੰਸਾਰ-ਸਮੁੰਦਰ ਵਿਚ ਡੁੱਬਣੋਂ) ਬਚਾ ਲੈਂਦਾ ਹੈ ।੧੫।

ਸਾਰੇ ਜੀਵ ਗੁਰੂ ਦੇ ਖ਼ਜ਼ਾਨੇ ਵਿਚੋਂ (ਉਸ ਪ੍ਰਭੂ ਦਾ ਨਾਮ) ਮੰਗਦੇ ਹਨ ਜੋ ਆਪ ਮਾਇਆ ਦੇ ਪ੍ਰਭਾਵ ਤੋਂ ਉਤਾਂਹ ਹੈ ਜੋ ਅਲੱਖ ਹੈ ਤੇ ਬੇਅੰਤ ਹੈ ।

ਹੇ ਰਜ਼ਾ ਦੇ ਮਾਲਕ ਪ੍ਰਭੂ! ਨਾਨਕ (ਭੀ ਗੁਰੂ ਦੇ ਦਰ ਤੇ ਪੈ ਕੇ) ਤੇਰਾ ਸਦਾ-ਥਿਰ ਨਾਮ ਸਿਮਰਦਾ ਹੈ ਤੇ ਮੰਗਦਾ ਹੈ ਕਿ ਮੈਨੂੰ ਆਪਣੇ ਸਦਾ-ਥਿਰ ਰਹਿਣ ਵਾਲੇ ਨਾਮ ਦੀ ਦਾਤਿ ਦੇਹ ।੧੬।੪।

ਮਾਰੂ ਮਹਲਾ ੧ ॥ ਸਾਚੇ ਮੇਲੇ ਸਬਦਿ ਮਿਲਾਏ ॥ ਜਾ ਤਿਸੁ ਭਾਣਾ ਸਹਜਿ ਸਮਾਏ ॥ ਤ੍ਰਿਭਵਣ ਜੋਤਿ ਧਰੀ ਪਰਮੇਸਰਿ ਅਵਰੁ ਨ ਦੂਜਾ ਭਾਈ ਹੇ ॥੧॥ ਜਿਸ ਕੇ ਚਾਕਰ ਤਿਸ ਕੀ ਸੇਵਾ ॥ ਸਬਦਿ ਪਤੀਜੈ ਅਲਖ ਅਭੇਵਾ ॥ ਭਗਤਾ ਕਾ ਗੁਣਕਾਰੀ ਕਰਤਾ ਬਖਸਿ ਲਏ ਵਡਿਆਈ ਹੇ ॥੨॥ ਦੇਦੇ ਤੋਟਿ ਨ ਆਵੈ ਸਾਚੇ ॥ ਲੈ ਲੈ ਮੁਕਰਿ ਪਉਦੇ ਕਾਚੇ ॥ ਮੂਲੁ ਨ ਬੂਝਹਿ ਸਾਚਿ ਨ ਰੀਝਹਿ ਦੂਜੈ ਭਰਮਿ ਭੁਲਾਈ ਹੇ ॥੩॥ ਗੁਰਮੁਖਿ ਜਾਗਿ ਰਹੇ ਦਿਨ ਰਾਤੀ ॥ ਸਾਚੇ ਕੀ ਲਿਵ ਗੁਰਮਤਿ ਜਾਤੀ ॥ ਮਨਮੁਖ ਸੋਇ ਰਹੇ ਸੇ ਲੂਟੇ ਗੁਰਮੁਖਿ ਸਾਬਤੁ ਭਾਈ ਹੇ ॥੪॥ ਕੂੜੇ ਆਵੈ ਕੂੜੇ ਜਾਵੈ ॥ ਕੂੜੇ ਰਾਤੀ ਕੂੜੁ ਕਮਾਵੈ ॥ ਸਬਦਿ ਮਿਲੇ ਸੇ ਦਰਗਹ ਪੈਧੇ ਗੁਰਮੁਖਿ ਸੁਰਤਿ ਸਮਾਈ ਹੇ ॥੫॥ ਕੂੜਿ ਮੁਠੀ ਠਗੀ ਠਗਵਾੜੀ ॥ ਜਿਉ ਵਾੜੀ ਓਜਾੜਿ ਉਜਾੜੀ ॥ ਨਾਮ ਬਿਨਾ ਕਿਛੁ ਸਾਦਿ ਨ ਲਾਗੈ ਹਰਿ ਬਿਸਰਿਐ ਦੁਖੁ ਪਾਈ ਹੇ ॥੬॥ ਭੋਜਨੁ ਸਾਚੁ ਮਿਲੈ ਆਘਾਈ ॥ ਨਾਮ ਰਤਨੁ ਸਾਚੀ ਵਡਿਆਈ ॥ ਚੀਨੈ ਆਪੁ ਪਛਾਣੈ ਸੋਈ ਜੋਤੀ ਜੋਤਿ ਮਿਲਾਈ ਹੇ ॥੭॥ ਨਾਵਹੁ ਭੁਲੀ ਚੋਟਾ ਖਾਏ ॥ ਬਹੁਤੁ ਸਿਆਣਪ ਭਰਮੁ ਨ ਜਾਏ ॥ ਪਚਿ ਪਚਿ ਮੁਏ ਅਚੇਤ ਨ ਚੇਤਹਿ ਅਜਗਰਿ ਭਾਰਿ ਲਦਾਈ ਹੇ ॥੮॥ ਬਿਨੁ ਬਾਦ ਬਿਰੋਧਹਿ ਕੋਈ ਨਾਹੀ ॥ ਮੈ ਦੇਖਾਲਿਹੁ ਤਿਸੁ ਸਾਲਾਹੀ ॥ ਮਨੁ ਤਨੁ ਅਰਪਿ ਮਿਲੈ ਜਗਜੀਵਨੁ ਹਰਿ ਸਿਉ ਬਣਤ ਬਣਾਈ ਹੇ ॥੯॥ ਪ੍ਰਭ ਕੀ ਗਤਿ ਮਿਤਿ ਕੋਇ ਨ ਪਾਵੈ ॥ ਜੇ ਕੋ ਵਡਾ ਕਹਾਇ ਵਡਾਈ ਖਾਵੈ ॥ ਸਾਚੇ ਸਾਹਿਬ ਤੋਟਿ ਨ ਦਾਤੀ ਸਗਲੀ ਤਿਨਹਿ ਉਪਾਈ ਹੇ ॥੧੦॥ ਵਡੀ ਵਡਿਆਈ ਵੇਪਰਵਾਹੇ ॥ ਆਪਿ ਉਪਾਏ ਦਾਨੁ ਸਮਾਹੇ ॥ ਆਪਿ ਦਇਆਲੁ ਦੂਰਿ ਨਹੀ ਦਾਤਾ ਮਿਲਿਆ ਸਹਜਿ ਰਜਾਈ ਹੇ ॥੧੧॥ ਇਕਿ ਸੋਗੀ ਇਕਿ ਰੋਗਿ ਵਿਆਪੇ ॥ ਜੋ ਕਿਛੁ ਕਰੇ ਸੁ ਆਪੇ ਆਪੇ ॥ ਭਗਤਿ ਭਾਉ ਗੁਰ ਕੀ ਮਤਿ ਪੂਰੀ ਅਨਹਦਿ ਸਬਦਿ ਲਖਾਈ ਹੇ ॥੧੨॥ ਇਕਿ ਨਾਗੇ ਭੂਖੇ ਭਵਹਿ ਭਵਾਏ ॥ ਇਕਿ ਹਠੁ ਕਰਿ ਮਰਹਿ ਨ ਕੀਮਤਿ ਪਾਏ ॥ ਗਤਿ ਅਵਿਗਤ ਕੀ ਸਾਰ ਨ ਜਾਣੈ ਬੂਝੈ ਸਬਦੁ ਕਮਾਈ ਹੇ ॥੧੩॥ ਇਕਿ ਤੀਰਥਿ ਨਾਵਹਿ ਅੰਨੁ ਨ ਖਾਵਹਿ ॥ ਇਕਿ ਅਗਨਿ ਜਲਾਵਹਿ ਦੇਹ ਖਪਾਵਹਿ ॥ ਰਾਮ ਨਾਮ ਬਿਨੁ ਮੁਕਤਿ ਨ ਹੋਈ ਕਿਤੁ ਬਿਧਿ ਪਾਰਿ ਲੰਘਾਈ ਹੇ ॥੧੪॥ ਗੁਰਮਤਿ ਛੋਡਹਿ ਉਝੜਿ ਜਾਈ ॥ ਮਨਮੁਖਿ ਰਾਮੁ ਨ ਜਪੈ ਅਵਾਈ ॥ ਪਚਿ ਪਚਿ ਬੂਡਹਿ ਕੂੜੁ ਕਮਾਵਹਿ ਕੂੜਿ ਕਾਲੁ ਬੈਰਾਈ ਹੇ ॥੧੫॥ ਹੁਕਮੇ ਆਵੈ ਹੁਕਮੇ ਜਾਵੈ ॥ ਬੂਝੈ ਹੁਕਮੁ ਸੋ ਸਾਚਿ ਸਮਾਵੈ ॥ ਨਾਨਕ ਸਾਚੁ ਮਿਲੈ ਮਨਿ ਭਾਵੈ ਗੁਰਮੁਖਿ ਕਾਰ ਕਮਾਈ ਹੇ ॥੧੬॥੫॥ {ਪੰਨਾ ੧੦੨੪-੧੦੨੫}

ਪਦ ਅਰਥ :—ਸਾਚੈ—ਸਦਾ-ਥਿਰ ਰਹਿਣ ਵਾਲੇ (ਪ੍ਰਭੂ) ਨੇ । ਸਬਦਿ—ਸ਼ਬਦ ਵਿਚ । ਤਿਸੁ—ਉਸ (ਪ੍ਰਭੂ) ਨੂੰ । ਭਾਣਾ—ਚੰਗਾ ਲੱਗਾ । ਸਹਜਿ—ਆਤਮਕ ਅਡੋਲਤਾ ਵਿਚ । ਪਰਮੇਸਰਿ—ਪਰਮੇਸਰ ਨੇ । ਭਾਈ—ਹੇ ਭਾਈ! ।੧।

ਜਿਸ ਕੇ—ਜਿਸ (ਪ੍ਰਭੂ) ਦੇ । ਪਤੀਜੈ—ਖ਼ੁਸ਼ ਹੁੰਦਾ ਹੈ । ਅਭੇਵਾ—ਜਿਸ ਦਾ ਭੇਤ ਨ ਪਾਇਆ ਜਾ ਸਕੇ । ਗੁਣਕਾਰੀ—ਆਤਮਕ ਗੁਣ ਦੇਣ ਵਾਲਾ ।੨।

ਦੇ—ਦੇ ਕੇ । ਸਾਚੇ—ਸਦਾ-ਥਿਰ ਪ੍ਰਭੂ ਦੇ (ਭੰਡਾਰਿਆਂ ਵਿਚ) । ਕਾਚੇ—ਥੋੜ੍ਹ-ਵਿਤੇ ਜੀਵ । ਸਾਚਿ—ਸਦਾ-ਥਿਰ ਪ੍ਰਭੂ (ਦੇ ਨਾਮ) ਵਿਚ ।੩।

ਜਾਗਿ ਰਹੇ—ਮਾਇਆ ਦੇ ਮੋਹ ਵਲੋਂ ਸੁਚੇਤ ਰਹਿੰਦੇ ਹਨ । ਮਨਮੁਖ—ਆਪਣੇ ਮਨ ਦੇ ਪਿੱਛੇ ਤੁਰਨ ਵਾਲੇ ਬੰਦੇ । ਸਾਬਤੁ—ਬਚੀ ਹੋਈ ਪੂੰਜੀ ਵਾਲੇ ।੪।

ਕੂੜੇ—ਕੂੜਿ ਹੀ, ਮਾਇਆ ਦੇ ਮੋਹ ਵਿਚ ਹੀ । ਆਵੈ—ਜੰਮਦਾ ਹੈ । ਰਾਤੀ—ਰੱਤੀ ਹੋਈ (ਜੀਵ-ਇਸਤ੍ਰੀ) । ਸੇ—ਉਹ ਬੰਦੇ । ਪੈਧੇ—ਸਰੋਪਾ ਹਾਸਲ ਕਰਦੇ ਹਨ ।੫।

ਕੂੜਿ—ਮਾਇਆ ਦੇ ਮੋਹ ਵਿਚ । ਠਗੀ ਠਗ—ਠੱਗਾਂ ਨੇ ਠੱਗ ਲਈ । ਵਾੜੀ—ਬਗ਼ੀਚੀ । ਓਜਾੜਿ—ਉਜਾੜ ਵਿਚ, ਨਿਖਸਮੀ । ਸਾਦਿ—ਸੁਆਦਲਾ, ਸੁਆਦ ਵਾਲਾ । ਹਰਿ ਬਿਸਰਿਐ—ਹਰੀ ਨੂੰ ਵਿਸਾਰਿਆਂ ।੬।

ਸਾਚੁ—ਸਦਾ-ਥਿਰ ਪ੍ਰਭੂ ਦਾ ਨਾਮ । ਆਘਾਈ—ਰੱਜ ਜਾਂਦਾ ਹੈ । ਸਾਚੀ—ਸਦਾ ਅਟੱਲ ਰਹਿਣ ਵਾਲੀ । ਆਪੁ—ਆਪਣੇ ਆਪ ਨੂੰ ।੭।

ਨਾਵਹੁ—ਨਾਮ ਤੋਂ । ਭਰਮੁ—ਭਟਕਣਾ । ਪਚਿ—ਖ਼ੁਆਰ ਹੋ ਕੇ । ਅਚੇਤ—ਗ਼ਾਫ਼ਿਲ । ਅਜਗਰਿ ਭਾਰਿ—ਬਹੁਤ ਹੀ ਵਧੀਕ ਭਾਰ ਹੇਠ ।੮।

ਬਾਦ—ਝਗੜੇ । ਮੈ—ਮੈਨੂੰ । ਸਾਲਾਹੀ—ਮੈਂ ਉਸ ਦੀ ਸਿਫ਼ਤਿ ਕਰਾਂ । ਅਰਪਿ—ਭੇਟਾ ਕਰ ਕੇ । ਜਗ ਜੀਵਨੁ—ਜਗਤ ਦਾ ਜੀਵਨ, ਪਰਮਾਤਮਾ । ਬਣਤ—ਸੰਬੰਧ ।੯।

ਗਤਿ—ਆਤਮਕ ਅਵਸਥਾ । ਮਿਤਿ—ਮਾਪ, ਮਿਣਤੀ । ਕੋ—ਕੋਈ ਬੰਦਾ । ਵਡਾਈ—ਮਾਣ, ਅਹੰਕਾਰ । ਖਾਵੈ—(ਉਸ ਦੇ ਆਤਮਕ ਜੀਵਨ ਨੂੰ) ਖਾ ਜਾਂਦਾ ਹੈ । ਦਾਤੀ—ਦਾਤਾਂ ਵਿਚ । ਤੋਟਿ—ਘਾਟਾ, ਕਮੀ । ਤਿਨਹਿ—ਤਿਨਿ ਹੀ, ਉਸ (ਪਰਮਾਤਮਾ) ਨੇ ਹੀ ।੧੦।

ਵੇਪਰਵਾਹੇ—ਬੇ-ਪਰਵਾਹ ਪ੍ਰਭੂ ਦੀ । ਸਮਾਹੇ—ਸੰਬਾਹੇ, ਅਪੜਾਂਦਾ ਹੈ । ਸਹਜਿ—ਆਤਮਕ ਅਡੋਲਤਾ ਵਿਚ । ਰਜਾਈ—ਰਜ਼ਾ ਦਾ ਮਾਲਕ ।੧੧।

ਇਕਿ—ਅਨੇਕਾਂ ਜੀਵ । ਸੋਗੀ—ਸੋਗ ਵਿਚ ਗ੍ਰਸੇ ਹੋਏ । ਵਿਆਪੇ—ਦਬਾਏ ਹੋਏ । ਭਾਉ—ਪ੍ਰੇਮ । ਅਨਹਦਿ—ਅਨਹਦ ਵਿਚ, ਅਮਰ ਪ੍ਰਭੂ ਵਿਚ । ਸਬਦਿ—ਗੁਰੂ ਦੇ ਸ਼ਬਦ ਦੀ ਰਾਹੀਂ ।੧੨।

ਗਤਿ—ਉੱਚੀ ਆਤਮਕ ਅਵਸਥਾ । ਅਵਿਗਤਿ—ਢਹਿੰਦੀ ਆਤਮਕ ਅਵਸਥਾ । ਸਾਰ—ਕਦਰ । ਕਮਾਈ—ਕਮਾਇ, ਕਮਾ ਕੇ ।੧੩।

ਤੀਰਥਿ—ਤੀਰਥ ਤੇ । ਦੇਹ—ਸਰੀਰ । ਖਪਾਵਹਿ—ਔਖਾ ਕਰਦੇ ਹਨ । ਕਿਤੁ ਬਿਧਿ—ਕਿਸ ਤਰੀਕੇ ਨਾਲ? ।੧੪।

ਉਝੜਿ—ਕੁਰਾਹੇ । ਅਵਾਈ—ਅਵੈੜਾ । ਜਾਈ—ਜਾਇ, ਜਾ ਕੇ । ਮਨਮੁਖਿ—ਆਪਣੇ ਮਨ ਦੇ ਪਿੱਛੇ ਤੁਰਨ ਵਾਲਾ ਬੰਦਾ । ਬੂਡਹਿ—ਡੁੱਬਦੇ ਹਨ । ਕੂੜਿ—ਮਾਇਆ ਦੇ ਮੋਹ ਵਿਚ (ਫਸਣ ਕਰਕੇ) । ਬੈਰਾਈ—ਵੈਰੀ ।੧੫।

ਆਵੈ—ਜੰਮਦਾ ਹੈ । ਸਾਚਿ—ਸਦਾ-ਥਿਰ ਪ੍ਰਭੂ ਵਿਚ । ਸਾਚੁ—ਸਦਾ-ਥਿਰ ਪ੍ਰਭੂ । ਮਨਿ—ਮਨ ਵਿਚ । ਭਾਵੈ—ਪਿਆਰਾ ਲੱਗਦਾ ਹੈ ।੧੬।੫।

ਅਰਥ :—ਪਰਮੇਸਰ ਨੇ ਆਪਣੀ ਜੋਤਿ ਤਿੰਨਾਂ ਭਵਨਾਂ ਵਿਚ ਟਿਕਾ ਰੱਖੀ ਹੈ; ਹੇ ਭਾਈ! ਕੋਈ ਹੋਰ ਉਸ ਪ੍ਰਭੂ ਵਰਗਾ ਨਹੀਂ ਹੈ । ਉਸ ਸਦਾ-ਥਿਰ ਪ੍ਰਭੂ ਨੇ ਜਿਨ੍ਹਾਂ ਬੰਦਿਆਂ ਨੂੰ (ਆਪਣੇ ਚਰਨਾਂ ਵਿਚ) ਮਿਲਾਇਆ ਜਿਨ੍ਹਾਂ ਨੂੰ ਗੁਰੂ ਦੇ ਸ਼ਬਦ ਵਿਚ ਜੋੜਿਆ ਤਾਂ ਜਦੋਂ ਉਸ ਨੂੰ ਚੰਗਾ ਲੱਗਾ, ਉਹ ਬੰਦੇ ਅਡੋਲ ਆਤਮਕ ਅਵਸਥਾ ਵਿਚ ਲੀਨ ਹੋ ਗਏ ।੧।

ਜਦੋਂ (ਭਗਤ ਜਨ) ਗੁਰੂ ਦੇ ਸ਼ਬਦ ਵਿਚ ਜੁੜਦੇ ਹਨ, ਜਦੋਂ ਉਸ ਪ੍ਰਭੂ ਦੇ ਸੇਵਕ ਬਣ ਕੇ ਉਸ ਦੀ ਸੇਵਾ-ਭਗਤੀ ਕਰਦੇ ਹਨ, ਤਾਂ ਉਹ ਅਲੱਖ ਅਤੇ ਅਭੇਵ ਪ੍ਰਭੂ (ਉਹਨਾਂ ਦੀ ਇਸ ਘਾਲ ਤੇ) ਪ੍ਰਸੰਨ ਹੁੰਦਾ ਹੈ । ਕਰਤਾਰ ਆਪਣੇ ਭਗਤਾਂ ਵਿਚ ਆਤਮਕ ਗੁਣ ਪੈਦਾ ਕਰਦਾ ਹੈ, ਆਪ ਉਹਨਾਂ ਉਤੇ ਬਖ਼ਸ਼ਸ਼ ਕਰਦਾ ਹੈ ਉਹਨਾਂ ਨੂੰ ਵਡਿਆਈ ਦੇਂਦਾ ਹੈ ।੨।

(ਜੀਵਾਂ ਨੂੰ ਦਾਤਾਂ) ਦੇ ਦੇ ਕੇ ਸਦਾ-ਥਿਰ ਰਹਿਣ ਵਾਲੇ ਪਰਮਾਤਮਾ ਦੇ (ਭੰਡਾਰਿਆਂ ਵਿਚ) ਘਾਟਾ ਨਹੀਂ ਪੈਂਦਾ, ਪਰ ਥੋੜ੍ਹ-ਵਿਤੇ ਜੀਵ ਦਾਤਾਂ ਲੈ ਲੈ ਕੇ (ਭੀ) ਮੁੱਕਰ ਜਾਂਦੇ ਹਨ, (ਆਪਣੇ ਜੀਵਨ ਦੇ) ਮੂਲ-ਪ੍ਰਭੂ (ਦੇ ਖੁਲ੍ਹ-ਦਿਲੇ ਸੁਭਾਉ) ਨੂੰ ਨਹੀਂ ਸਮਝਦੇ, ਸਦਾ-ਥਿਰ ਪ੍ਰਭੂ ਦੇ ਨਾਮ ਵਿਚ ਜੁੜਨ ਲਈ ਜੀਵਾਂ ਨੂੰ ਰੀਝ ਪੈਦਾ ਨਹੀਂ ਹੁੰਦੀ, ਪ੍ਰਭੂ ਤੋਂ ਬਿਨਾ ਹੋਰ ਆਸਰੇ ਦੀ ਝਾਕ ਵਿਚ ਭਟਕ ਕੇ ਕੁਰਾਹੇ ਪਏ ਰਹਿੰਦੇ ਹਨ ।੩।

ਜੇਹੜੇ ਬੰਦੇ ਗੁਰੂ ਦੀ ਸਰਨ ਪੈਂਦੇ ਹਨ ਉਹ ਹਰ ਵੇਲੇ ਮਾਇਆ ਦੇ ਮੋਹ ਵਲੋਂ ਸੁਚੇਤ ਰਹਿੰਦੇ ਹਨ, ਗੁਰੂ ਦੀ ਸਿੱਖਿਆ ਲੈ ਕੇ ਉਹ ਸਦਾ-ਥਿਰ ਪ੍ਰਭੂ ਦੀ ਲਗਨ (ਦਾ ਆਨੰਦ) ਪਛਾਣ ਲੈਂਦੇ ਹਨ । ਗੁਰੂ ਦੇ ਸਨਮੁਖ ਰਹਿਣ ਵਾਲੇ ਬੰਦੇ ਆਪਣੇ ਆਤਮਕ ਜੀਵਨ ਦੀ ਪੂੰਜੀ ਨੂੰ (ਮਾਇਆ ਦੇ ਹੱਲਿਆਂ ਤੋਂ) ਬਚਾ ਕੇ ਰੱਖਦੇ ਹਨ । ਆਪਣੇ ਮਨ ਦੇ ਪਿੱਛੇ ਤੁਰਨ ਵਾਲੇ ਮਨੁੱਖ ਮਾਇਆ ਦੇ ਮੋਹ ਵਿਚ ਗ਼ਾਫ਼ਿਲ ਟਿਕੇ ਰਹਿੰਦੇ ਹਨ, ਤੇ ਆਤਮਕ ਗੁਣਾਂ ਦਾ ਸਰਮਾਇਆ ਲੁਟਾ ਬੈਠਦੇ ਹਨ ।੪।

ਜੇਹੜੀ ਜੀਵ-ਇਸਤ੍ਰੀ ਮਾਇਆ ਦੇ ਮੋਹ ਦੇ ਰੰਗ ਵਿਚ ਰੰਗੀ ਰਹਿੰਦੀ ਹੈ, ਉਹ ਮਾਇਆ ਦੇ ਮੋਹ ਵਿਚ ਗ੍ਰਸੀ ਹੀ ਜੰਮਦੀ ਹੈ, ਇਥੇ ਸਦਾ ਮਾਇਆ ਦੇ ਮੋਹ ਦਾ ਹੀ ਵਣਜ ਕਰਦੀ ਹੈ, ਮਾਇਆ ਦੇ ਮੋਹ ਵਿਚ ਫਸੀ ਹੀ ਦੁਨੀਆ ਤੋਂ ਚਲੀ ਜਾਂਦੀ ਹੈ । ਜੇਹੜੇ ਬੰਦੇ ਗੁਰੂ ਦੇ ਸ਼ਬਦ ਵਿਚ ਜੁੜੇ ਰਹਿੰਦੇ ਹਨ ਉਹਨਾਂ ਨੂੰ ਪਰਮਾਤਮਾ ਦੀ ਹਜ਼ੂਰੀ ਵਿਚ ਆਦਰ ਮਿਲਦਾ ਹੈ । ਗੁਰੂ ਦੀ ਸਰਨ ਪੈਣ ਵਾਲੇ ਬੰਦਿਆਂ ਦੀ ਸੁਰਤਿ (ਪ੍ਰਭੂ ਦੀ ਯਾਦ ਵਿਚ) ਟਿਕੀ ਰਹਿੰਦੀ ਹੈ ।੫।

ਜੇਹੜੀ ਜੀਵ-ਇਸਤ੍ਰੀ ਮਾਇਆ ਦੀ ਤ੍ਰਿਸ਼ਨਾ ਵਿਚ ਮੋਹੀ ਰਹਿੰਦੀ ਹੈ ਉਸ ਦੇ ਆਤਮਕ ਜੀਵਨ ਦੀ ਬਗ਼ੀਚੀ ਨੂੰ ਕਾਮਾਦਿਕ ਠੱਗ ਠੱਗ ਲੈਂਦੇ ਹਨ, ਜਿਵੇਂ ਕੋਈ ਫੁਲਵਾੜੀ ਕਿਤੇ ਉਜਾੜ ਵਿਚ (ਨਿਖਸਮੀ ਹੋਣ ਕਰਕੇ) ਉੱਜੜ ਜਾਂਦੀ ਹੈ । (ਭਾਵੇਂ ਉਹ ਮਾਇਆ ਦੇ ਮੋਹ ਵਿਚ ਫਸੀ ਰਹਿੰਦੀ ਹੈ, ਫਿਰ ਭੀ) ਪਰਮਾਤਮਾ ਦੇ ਨਾਮ ਤੋਂ ਬਿਨਾ ਕੋਈ ਖਿੱਚ ਸੁਆਦਲੀ ਨਹੀਂ ਲੱਗ ਸਕਦੀ, ਪ੍ਰਭੂ ਦਾ ਨਾਮ ਭੁੱਲਣ ਕਰਕੇ ਉਹ ਸਦਾ ਦੁੱਖ ਹੀ ਪਾਂਦੀ ਹੈ ।੬।

ਜਿਸ ਮਨੁੱਖ ਨੂੰ ਸਦਾ-ਥਿਰ ਪ੍ਰਭੂ ਦਾ ਨਾਮ (ਆਤਮਕ ਜ਼ਿੰਦਗੀ ਵਾਸਤੇ) ਭੋਜਨ ਮਿਲਦਾ ਹੈ, ਉਹ (ਤ੍ਰਿਸ਼ਨਾ ਵਲੋਂ) ਰੱਜ ਜਾਂਦਾ ਹੈ, ਜਿਸ ਨੂੰ ਪਰਮਾਤਮਾ ਦਾ ਨਾਮ-ਰਤਨ ਲੱਭ ਪੈਂਦਾ ਹੈ, ਉਸ ਨੂੰ (ਲੋਕ ਪਰਲੋਕ ਵਿਚ) ਸਦਾ-ਥਿਰ ਰਹਿਣ ਵਾਲੀ ਇੱਜ਼ਤ ਮਿਲਦੀ ਹੈ । ਜੇਹੜਾ ਮਨੁੱਖ ਆਪਣੇ ਆਤਮਕ ਜੀਵਨ ਨੂੰ ਪੜਤਾਲਦਾ ਰਹਿੰਦਾ ਹੈ, ਉਹੀ (ਆਪਣੇ ਜੀਵਨ-ਮਨੋਰਥ ਨੂੰ) ਪਛਾਣਦਾ ਹੈ, ਉਸ ਦੀ ਸੁਰਤਿ ਪ੍ਰਭੂ ਦੀ ਜੋਤਿ ਵਿਚ ਮਿਲੀ ਰਹਿੰਦੀ ਹੈ ।੭।

ਜੇਹੜੀ ਜੀਵ-ਇਸਤ੍ਰੀ ਪਰਮਾਤਮਾ ਦੇ ਨਾਮ ਤੋਂ ਖੁੰਝੀ ਰਹਿੰਦੀ ਹੈ ਉਹ ਦੁੱਖ ਸਹਾਰਦੀ ਹੈ (ਦੁਨੀਆ ਦੇ ਕੰਮਾਂ ਵਿਚ ਭਾਵੇਂ ਉਹ) ਬਹੁਤ ਸਿਆਣਪ (ਵਿਖਾਵੇ), ਉਸ ਦੀ (ਮਾਇਆ ਦੀ) ਭਟਕਣਾ ਦੂਰ ਨਹੀਂ ਹੁੰਦੀ । ਜੇਹੜੇ ਬੰਦੇ ਪਰਮਾਤਮਾ ਦੀ ਯਾਦ ਵਲੋਂ ਅਵੇਸਲੇ ਰਹਿੰਦੇ ਹਨ ਪਰਮਾਤਮਾ ਨੂੰ ਚੇਤੇ ਨਹੀਂ ਕਰਦੇ, (ਉਹ ਮਾਇਆ ਦੇ ਮੋਹ ਵਿਚ) ਖ਼ੁਆਰ ਹੋ ਹੋ ਕੇ ਆਤਮਕ ਮੌਤ ਸਹੇੜਦੇ ਹਨ, ਉਹ (ਮੋਹ ਦੇ) ਬਹੁਤ ਹੀ ਭਾਰੇ ਬੋਝ ਹੇਠ ਲੱਦੇ ਰਹਿੰਦੇ ਹਨ ।੮।

(ਮਾਇਆ ਦੇ ਮੋਹ ਵਿਚ ਫਸਿਆਂ ਦਾ ਜਿਧਰ ਕਿਧਰ ਭੀ ਹਾਲ ਵੇਖੋ) ਝਗੜਿਆਂ ਤੋਂ ਵਿਰੋਧ ਤੋਂ ਕੋਈ ਭੀ ਖ਼ਾਲੀ ਨਹੀਂ ਹੈ (ਤੇ ਤੁਹਾਨੂੰ ਯਕੀਨ ਨਹੀਂ ਆਉਂਦਾ ਤਾਂ) ਮੈਨੂੰ ਕੋਈ ਐਸਾ ਵਿਖਾਓ, ਮੈਂ ਉਸ ਦਾ ਸਤਕਾਰ ਕਰਦਾ ਹਾਂ । ਆਪਣਾ ਮਨ ਤੇ ਸਰੀਰ ਭੇਟਾ ਕੀਤਿਆਂ ਹੀ (ਭਾਵ, ਆਪਣੇ ਮਨ ਦੀ ਅਗਵਾਈ ਤੇ ਗਿਆਨ-ਇੰਦ੍ਰਿਆਂ ਦੀ ਭਟਕਣਾ ਛੱਡਿਆਂ ਹੀ) ਜਗਤ ਦਾ ਜੀਵਨ ਪਰਮਾਤਮਾ ਮਿਲਦਾ ਹੈ, ਤਦੋਂ ਹੀ ਉਸ ਨਾਲ ਸਾਂਝ ਬਣਦੀ ਹੈ ।੯।

ਕੋਈ ਆਦਮੀ ਨਹੀਂ ਜਾਣ ਸਕਦਾ ਕਿ ਪਰਮਾਤਮਾ ਕਿਹੋ ਜਿਹਾ ਹੈ ਅਤੇ ਕੇਡਾ ਵੱਡਾ ਹੈ । ਜੇ ਕੋਈ ਮਨੁੱਖ ਆਪਣੇ ਆਪ ਨੂੰ ਵੱਡਾ ਅਖਵਾ ਕੇ (ਇਹ ਮਾਣ ਕਰੇ ਕਿ ਮੈਂ ਪ੍ਰਭੂ ਦੀ ਗਤਿ ਮਿਤਿ ਲੱਭ ਸਕਦਾ ਹਾਂ ਤਾਂ ਇਹ) ਮਾਣ ਉਸ ਦੇ ਆਤਮਕ ਜੀਵਨ ਨੂੰ ਤਬਾਹ ਕਰ ਦੇਂਦਾ ਹੈ । ਸਾਰੀ ਸ੍ਰਿਸ਼ਟੀ ਸਦਾ-ਥਿਰ ਰਹਿਣ ਵਾਲੇ ਮਾਲਕ ਨੇ ਪੈਦਾ ਕੀਤੀ ਹੈ (ਸਭ ਨੂੰ ਦਾਤਾਂ ਦੇਂਦਾ ਹੈ, ਪਰ ਉਸ ਦੀਆਂ) ਦਾਤਾਂ ਵਿਚ ਕਮੀ ਨਹੀਂ ਹੁੰਦੀ ।੧੦।

(ਪਰਮਾਤਮਾ ਦੀ ਇਹ ਇਕ) ਬੜੀ ਭਾਰੀ ਸਿਫ਼ਤਿ ਹੈ ਕਿ (ਇਤਨੇ ਵੱਡੇ ਜਗਤ-ਪਰਵਾਰ ਦਾ ਮਾਲਕ-ਖਸਮ ਹੋ ਕੇ ਭੀ) ਬੇ-ਪਰਵਾਹ ਹੈ (ਪ੍ਰਬੰਧ ਕਰਨ ਵਿਚ ਘਬਰਾਂਦਾ ਨਹੀਂ), ਆਪ ਹੀ ਪੈਦਾ ਕਰਦਾ ਹੈ ਤੇ ਆਪ ਹੀ ਸਭ ਨੂੰ ਰਿਜ਼ਕ ਅਪੜਾਂਦਾ ਹੈ । ਸਭ ਦਾਤਾਂ ਦਾ ਮਾਲਕ ਪ੍ਰਭੂ ਦਇਆ ਦਾ ਸੋਮਾ ਹੈ, ਕਿਸੇ ਭੀ ਜੀਵ ਤੋਂ ਦੂਰ ਨਹੀਂ ਹੈ, ਉਹ ਰਜ਼ਾ ਦਾ ਮਾਲਕ ਜਿਸ ਜੀਵ ਨੂੰ ਮਿਲ ਪੈਂਦਾ ਹੈ ਉਹ (ਭੀ) ਆਤਮਕ ਅਡਲੋਤਾ ਵਿਚ ਟਿਕ ਜਾਂਦਾ ਹੈ ।੧੧।

(ਸ੍ਰਿਸ਼ਟੀ ਦੇ) ਅਨੇਕਾਂ ਜੀਵ ਸੋਗ ਵਿਚ ਗ੍ਰਸੇ ਰਹਿੰਦੇ ਹਨ, ਅਨੇਕਾਂ ਜੀਵ ਰੋਗ ਹੇਠ ਦਬਾਏ ਰਹਿੰਦੇ ਹਨ, ਜੋ ਕੁਝ ਕਰਦਾ ਹੈ ਪ੍ਰਭੂ ਆਪ ਹੀ ਆਪ ਕਰਦਾ ਹੈ । ਜੋ ਮਨੁੱਖ ਗੁਰੂ ਦੀ ਪੂਰੀ ਮਤਿ ਦੀ ਰਾਹੀਂ ਪਰਮਾਤਮਾ ਦੀ ਭਗਤੀ ਕਰਦਾ ਹੈ ਪਰਮਾਤਮਾ ਨਾਲ ਪ੍ਰੇਮ ਗੰਢਦਾ ਹੈ, ਉਹ ਉਸ ਅਮਰ ਪ੍ਰਭੂ ਵਿਚ ਲੀਨ ਰਹਿੰਦਾ ਹੈ, ਗੁਰੂ ਦੇ ਸ਼ਬਦ ਦੀ ਰਾਹੀਂ ਪ੍ਰਭੂ ਉਸ ਨੂੰ ਆਪਣਾ ਆਪ ਲਖਾ ਦੇਂਦਾ ਹੈ (ਤੇ ਉਸ ਨੂੰ ਕੋਈ ਸੋਗ ਕੋਈ ਰੋਗ ਨਹੀਂ ਵਿਆਪਦਾ) ।੧੨।

ਅਨੇਕਾਂ ਬੰਦੇ (ਜਗਤ ਤਿਆਗ ਕੇ) ਨੰਗੇ ਰਹਿੰਦੇ ਹਨ, ਭੁੱਖਾਂ ਕੱਟਦੇ ਹਨ (ਤਿਆਗ ਦੇ ਭੁਲੇਖੇ ਦੇ) ਭਟਕਾਏ ਹੋਏ (ਥਾਂ ਥਾਂ) ਭੌਂਦੇ ਫਿਰਦੇ ਹਨ । ਅਨੇਕਾਂ ਬੰਦੇ (ਕਿਸੇ ਮਿਥੀ ਆਤਮਕ ਉੱਨਤੀ ਦੀ ਪ੍ਰਾਪਤੀ ਦੀ ਖ਼ਾਤਰ) ਆਪਣੇ ਸਰੀਰ ਉਤੇ ਧੱਕਾ-ਜ਼ੋਰ ਕਰ ਕੇ ਮਰਦੇ ਹਨ । ਪਰ ਅਜੇਹਾ ਕੋਈ ਮਨੁੱਖ (ਮਨੁੱਖਾ ਜੀਵਨ ਦੀ) ਕਦਰ ਨਹੀਂ ਸਮਝਦਾ, ਅਜੇਹੇ ਕਿਸੇ ਬੰਦੇ ਨੂੰ ਚੰਗੇ ਮੰਦੇ ਆਤਮਕ ਜੀਵਨ ਦੀ ਸਮਝ ਨਹੀਂ ਪੈਂਦੀ । ਉਹੀ ਬੰਦਾ ਸਮਝਦਾ ਹੈ ਜੋ ਗੁਰੂ ਦਾ ਸ਼ਬਦ ਕਮਾਂਦਾ ਹੈ (ਜੋ ਗੁਰੂ ਦੇ ਸ਼ਬਦ ਅਨੁਸਾਰ ਆਪਣਾ ਜੀਵਨ ਢਾਲਦਾ ਹੈ) ।੧੩।

ਅਨੇਕਾਂ ਬੰਦੇ (ਜਗਤ ਤਿਆਗ ਕੇ) ਤੀਰਥ (ਤੀਰਥਾਂ) ਉਤੇ ਇਸ਼ਨਾਨ ਕਰਦੇ ਹਨ, ਤੇ ਅੰਨ ਨਹੀਂ ਖਾਂਦੇ (ਦੁਧਾਧਾਰੀ ਬਣਦੇ ਹਨ) । ਅਨੇਕਾਂ ਬੰਦੇ (ਤਿਆਗੀ ਬਣ ਕੇ) ਅੱਗ ਬਾਲਦੇ ਹਨ (ਧੂਣੀਆਂ ਤਪਾਂਦੇ ਹਨ ਤੇ) ਆਪਣੇ ਸਰੀਰ ਨੂੰ (ਤਪਾਂ ਦਾ) ਕਸ਼ਟ ਦੇਂਦੇ ਹਨ ਪਰ ਪਰਮਾਤਮਾ ਦਾ ਨਾਮ ਸਿਮਰਨ ਤੋਂ ਬਿਨਾ (ਮਾਇਆ ਦੇ ਬੰਧਨਾਂ ਤੋਂ) ਖ਼ਲਾਸੀ ਨਹੀਂ ਮਿਲਦੀ । ਸਿਮਰਨ ਤੋਂ ਬਿਨਾ ਹੋਰ ਕਿਸੇ ਤਰੀਕੇ ਨਾਲ ਕੋਈ ਮਨੁੱਖ ਸੰਸਾਰ-ਸਮੁੰਦਰ ਤੋਂ ਪਾਰ ਨਹੀਂ ਲੰਘ ਸਕਦਾ ।੧੪।

(ਕਈ ਬੰਦੇ ਐਸੇ ਹਨ ਜੋ) ਔਝੜੇ ਜਾ ਕੇ ਗੁਰੂ ਦੀ ਮਤਿ ਤੇ ਤੁਰਨਾ ਛੱਡ ਦੇਂਦੇ ਹਨ । ਆਪਣੇ ਮਨ ਦੇ ਪਿੱਛੇ ਤੁਰਨ ਵਾਲਾ ਅਵੈੜਾ ਮਨੁੱਖ ਪਰਮਾਤਮਾ ਦਾ ਨਾਮ ਨਹੀਂ ਜਪਦਾ । ਪਰਮਾਤਮਾ ਦੇ ਨਾਮ ਤੋਂ ਖੁੰਝੇ ਹੋਏ ਬੰਦੇ (ਨਿਰਾ) ਮਾਇਆ ਦਾ ਧੰਧਾ ਹੀ ਕਰਦੇ ਰਹਿੰਦੇ ਹਨ, ਅਜੇਹੇ ਬੰਦੇ ਖ਼ੁਆਰ ਹੋ ਹੋ ਕੇ (ਮਾਇਆ ਦੇ ਮੋਹ ਦੇ ਸਮੁੰਦਰ ਵਿਚ ਹੀ) ਗੋਤੇ ਖਾਂਦੇ ਰਹਿੰਦੇ ਹਨ (ਮਾਇਆ ਦੇ ਮੋਹ ਦੇ) ਝੂਠੇ ਧੰਧੇ ਵਿਚ (ਫਸੇ ਰਹਿਣ ਕਰਕੇ) ਆਤਮਕ ਮੌਤ ਉਹਨਾਂ ਦੀ ਵੈਰਨ ਬਣ ਜਾਂਦੀ ਹੈ ।੧੫।

ਹਰੇਕ ਜੀਵ ਪਰਮਾਤਮਾ ਦੇ ਹੁਕਮ ਅਨੁਸਾਰ ਹੀ (ਜਗਤ ਵਿਚ) ਆਉਂਦਾ ਹੈ, ਉਸ ਦੇ ਹੁਕਮ ਅਨੁਸਾਰ (ਇਥੋਂ) ਚਲਾ ਜਾਂਦਾ ਹੈ । ਜੇਹੜਾ ਜੀਵ ਉਸ ਦੀ ਰਜ਼ਾ ਨੂੰ ਸਮਝ ਲੈਂਦਾ ਹੈ ਉਹ ਉਸ ਸਦਾ-ਥਿਰ ਪ੍ਰਭੂ ਵਿਚ ਲੀਨ ਰਹਿੰਦਾ ਹੈ । ਹੇ ਨਾਨਕ! ਜੇਹੜਾ ਮਨੁੱਖ ਗੁਰੂ ਦੀ ਸਰਨ ਪੈ ਕੇ (ਸਿਮਰਨ ਦੀ) ਕਾਰ ਕਰਦਾ ਹੈ ਉਸ ਨੂੰ ਸਦਾ-ਥਿਰ ਪ੍ਰਭੂ ਮਿਲ ਪੈਂਦਾ ਹੈ, ਉਸ ਦੇ ਮਨ ਵਿਚ ਪ੍ਰਭੂ ਪਿਆਰਾ ਲੱਗਣ ਲੱਗ ਪੈਂਦਾ ਹੈ ।੧੬।੫।

ਮਾਰੂ ਮਹਲਾ ੧ ॥ ਆਪੇ ਕਰਤਾ ਪੁਰਖੁ ਬਿਧਾਤਾ ॥ ਜਿਨਿ ਆਪੇ ਆਪਿ ਉਪਾਇ ਪਛਾਤਾ ॥ ਆਪੇ ਸਤਿਗੁਰੁ ਆਪੇ ਸੇਵਕੁ ਆਪੇ ਸ੍ਰਿਸਟਿ ਉਪਾਈ ਹੇ ॥੧॥ ਆਪੇ ਨੇੜੈ ਨਾਹੀ ਦੂਰੇ ॥ ਬੂਝਹਿ ਗੁਰਮੁਖਿ ਸੇ ਜਨ ਪੂਰੇ ॥ ਤਿਨ ਕੀ ਸੰਗਤਿ ਅਹਿਨਿਸਿ ਲਾਹਾ ਗੁਰ ਸੰਗਤਿ ਏਹ ਵਡਾਈ ਹੇ ॥੨॥ ਜੁਗਿ ਜੁਗਿ ਸੰਤ ਭਲੇ ਪ੍ਰਭ ਤੇਰੇ ॥ ਹਰਿ ਗੁਣ ਗਾਵਹਿ ਰਸਨ ਰਸੇਰੇ ॥ ਉਸਤਤਿ ਕਰਹਿ ਪਰਹਰਿ ਦੁਖੁ ਦਾਲਦੁ ਜਿਨ ਨਾਹੀ ਚਿੰਤ ਪਰਾਈ ਹੇ ॥੩॥ ਓਇ ਜਾਗਤ ਰਹਹਿ ਨ ਸੂਤੇ ਦੀਸਹਿ ॥ ਸੰਗਤਿ ਕੁਲ ਤਾਰੇ ਸਾਚੁ ਪਰੀਸਹਿ ॥ ਕਲਿਮਲ ਮੈਲੁ ਨਾਹੀ ਤੇ ਨਿਰਮਲ ਓਇ ਰਹਹਿ ਭਗਤਿ ਲਿਵ ਲਾਈ ਹੇ ॥੪॥ ਬੂਝਹੁ ਹਰਿ ਜਨ ਸਤਿਗੁਰ ਬਾਣੀ ॥ ਏਹੁ ਜੋਬਨੁ ਸਾਸੁ ਹੈ ਦੇਹ ਪੁਰਾਣੀ ॥ ਆਜੁ ਕਾਲਿ ਮਰਿ ਜਾਈਐ ਪ੍ਰਾਣੀ ਹਰਿ ਜਪੁ ਜਪਿ ਰਿਦੈ ਧਿਆਈ ਹੇ ॥੫॥ ਛੋਡਹੁ ਪ੍ਰਾਣੀ ਕੂੜ ਕਬਾੜਾ ॥ ਕੂੜੁ ਮਾਰੇ ਕਾਲੁ ਉਛਾਹਾੜਾ ॥ ਸਾਕਤ ਕੂੜਿ ਪਚਹਿ ਮਨਿ ਹਉਮੈ ਦੁਹੁ ਮਾਰਗਿ ਪਚੈ ਪਚਾਈ ਹੇ ॥੬॥ ਛੋਡਿਹੁ ਨਿੰਦਾ ਤਾਤਿ ਪਰਾਈ ॥ ਪੜਿ ਪੜਿ ਦਝਹਿ ਸਾਤਿ ਨ ਆਈ ॥ ਮਿਲਿ ਸਤਸੰਗਤਿ ਨਾਮੁ ਸਲਾਹਹੁ ਆਤਮ ਰਾਮੁ ਸਖਾਈ ਹੇ ॥੭॥ ਛੋਡਹੁ ਕਾਮ ਕ੍ਰੋਧੁ ਬੁਰਿਆਈ ॥ ਹਉਮੈ ਧੰਧੁ ਛੋਡਹੁ ਲੰਪਟਾਈ ॥ ਸਤਿਗੁਰ ਸਰਣਿ ਪਰਹੁ ਤਾ ਉਬਰਹੁ ਇਉ ਤਰੀਐ ਭਵਜਲੁ ਭਾਈ ਹੇ ॥੮॥ ਆਗੈ ਬਿਮਲ ਨਦੀ ਅਗਨਿ ਬਿਖੁ ਝੇਲਾ ॥ ਤਿਥੈ ਅਵਰੁ ਨ ਕੋਈ ਜੀਉ ਇਕੇਲਾ ॥ ਭੜ ਭੜ ਅਗਨਿ ਸਾਗਰੁ ਦੇ ਲਹਰੀ ਪੜਿ ਦਝਹਿ ਮਨਮੁਖ ਤਾਈ ਹੇ ॥੯॥ ਗੁਰ ਪਹਿ ਮੁਕਤਿ ਦਾਨੁ ਦੇ ਭਾਣੈ ॥ ਜਿਨਿ ਪਾਇਆ ਸੋਈ ਬਿਧਿ ਜਾਣੈ ॥ ਜਿਨ ਪਾਇਆ ਤਿਨ ਪੂਛਹੁ ਭਾਈ ਸੁਖੁ ਸਤਿਗੁਰ ਸੇਵ ਕਮਾਈ ਹੇ ॥੧੦॥ ਗੁਰ ਬਿਨੁ ਉਰਝਿ ਮਰਹਿ ਬੇਕਾਰਾ ॥ ਜਮੁ ਸਿਰਿ ਮਾਰੇ ਕਰੇ ਖੁਆਰਾ ॥ ਬਾਧੇ ਮੁਕਤਿ ਨਾਹੀ ਨਰ ਨਿੰਦਕ ਡੂਬਹਿ ਨਿੰਦ ਪਰਾਈ ਹੇ ॥੧੧॥ ਬੋਲਹੁ ਸਾਚੁ ਪਛਾਣਹੁ ਅੰਦਰਿ ॥ ਦੂਰਿ ਨਾਹੀ ਦੇਖਹੁ ਕਰਿ ਨੰਦਰਿ ॥ ਬਿਘਨੁ ਨਾਹੀ ਗੁਰਮੁਖਿ ਤਰੁ ਤਾਰੀ ਇਉ ਭਵਜਲੁ ਪਾਰਿ ਲੰਘਾਈ ਹੇ ॥੧੨॥ ਦੇਹੀ ਅੰਦਰਿ ਨਾਮੁ ਨਿਵਾਸੀ ॥ ਆਪੇ ਕਰਤਾ ਹੈ ਅਬਿਨਾਸੀ ॥ ਨਾ ਜੀਉ ਮਰੈ ਨ ਮਾਰਿਆ ਜਾਈ ਕਰਿ ਦੇਖੈ ਸਬਦਿ ਰਜਾਈ ਹੇ ॥੧੩॥ ਓਹੁ ਨਿਰਮਲੁ ਹੈ ਨਾਹੀ ਅੰਧਿਆਰਾ ॥ ਓਹੁ ਆਪੇ ਤਖਤਿ ਬਹੈ ਸਚਿਆਰਾ ॥ ਸਾਕਤ ਕੂੜੇ ਬੰਧਿ ਭਵਾਈਅਹਿ ਮਰਿ ਜਨਮਹਿ ਆਈ ਜਾਈ ਹੇ ॥੧੪॥ ਗੁਰ ਕੇ ਸੇਵਕ ਸਤਿਗੁਰ ਪਿਆਰੇ ॥ ਓਇ ਬੈਸਹਿ ਤਖਤਿ ਸੁ ਸਬਦੁ ਵੀਚਾਰੇ ॥ ਤਤੁ ਲਹਹਿ ਅੰਤਰਗਤਿ ਜਾਣਹਿ

ਸਤਸੰਗਤਿ ਸਾਚੁ ਵਡਾਈ ਹੇ ॥੧੫॥ ਆਪਿ ਤਰੈ ਜਨੁ ਪਿਤਰਾ ਤਾਰੇ ॥ ਸੰਗਤਿ ਮੁਕਤਿ ਸੁ ਪਾਰਿ ਉਤਾਰੇ ॥ ਨਾਨਕੁ ਤਿਸ ਕਾ ਲਾਲਾ ਗੋਲਾ ਜਿਨਿ ਗੁਰਮੁਖਿ ਹਰਿ ਲਿਵ ਲਾਈ ਹੇ ॥੧੬॥੬॥ {ਪੰਨਾ ੧੦੨੫-੧੦੨੬}

ਪਦ ਅਰਥ :—ਪੁਰਖੁ—ਸਰਬ-ਵਿਆਪਕ । ਬਿਧਾਤਾ—ਪੈਦਾ ਕਰਨ ਵਾਲਾ, ਸਿਰਜਣਹਾਰ । ਜਿਨਿ—ਜਿਸ (ਕਰਤਾਰ) ਨੇ । ਉਪਾਇ—ਪੈਦਾ ਕਰ ਕੇ । ਪਛਾਤਾ—ਸੰਭਾਲ ਕੀਤੀ ਹੈ, ਸੰਭਾਲ ਦਾ ਫ਼ਰਜ਼ ਪਛਾਣ ਰਿਹਾ ਹੈ ।੧।

ਪੂਰੇ—ਸਾਰੇ ਗੁਣਾਂ ਦੇ ਮਾਲਕ । ਅਹਿ—ਦਿਨ । ਨਿਸਿ—ਰਾਤ । ਲਾਹਾ—ਲਾਭ ।੨।

ਜੁਗਿ ਜੁਗਿ—ਹਰੇਕ ਜੁਗ ਵਿਚ । ਪ੍ਰਭੁ—ਹੇ ਪ੍ਰਭੂ! ਰਸਨ—ਜੀਭ । ਰਸੇਰੇ—ਰਸ ਆਨੰਦ ਨਾਲ । ਪਰਹਰਿ—ਦੂਰ ਕਰ ਕੇ । ਚਿੰਤ—ਆਸ ।੩।

ਓਇ—{ਲਫ਼ਜ਼ 'ਓਹੁ' ਤੋਂ ਬਹੁ-ਵਚਨ} । ਪਰੀਸਹਿ—ਪਰੀਂਹਦੇ ਹਨ, ਵੰਡਦੇ ਹਨ । ਕਲਿਮਲ—ਪਾਪ ।੪।

ਹਰਿ ਜਨ—ਹੇ ਹਰੀ-ਜਨੋ! ਸਾਸੁ—ਸੁਆਸ । ਦੇਹ—ਸਰੀਰ । ਪੁਰਾਣੀ—ਪੁਰਾਣੇ ਹੋ ਜਾਣ ਵਾਲੇ! ।੫।

ਕੂੜ ਕਬਾੜਾ—ਕੂੜ ਦਾ ਕਬਾੜਾ, ਮਾਇਆ ਦੇ ਮੋਹ ਦੀਆਂ ਗੱਲਾਂ । ਉਛਾਹਾੜਾ—ਉਛਲ ਕੇ, ਉਤਸ਼ਾਹ ਨਾਲ । ਪਚਹਿ—ਖ਼ੁਆਰ ਹੁੰਦੇ ਹਨ । ਦੁਹ ਮਾਰਗਿ—ਹੋਰ ਹੋਰ ਆਸਰੇ ਦੀ ਝਾਕ ਵਾਲੇ ਰਸਤੇ ਵਿਚ ।੬।

ਤਾਤਿ—ਈਰਖਾ । ਪੜਿ ਪੜਿ—ਪੈ ਪੈ ਕੇ । ਦਝਹਿ—ਸੜਦੇ ਹਨ । ਆਤਮ ਰਾਮੁ—ਪਰਮਾਤਮਾ ।੭।

ਲੰਪਟਾਈ—ਲੰਪਟ ਹੋਣਾ, ਖਚਿਤ ਹੋਣਾ । ਤਾ—ਤਦੋਂ ਹੀ ।੮।

ਆਗੈ—ਵਿਕਾਰਾਂ ਵਾਲੇ ਰਸਤੇ ਵਿਚ । ਬਿਮਲ ਅਗਨਿ ਨਦੀ—ਨਿਰੋਲ ਅੱਗ ਦੀ ਨਦੀ । ਬਿਖੁ—ਜ਼ਹਿਰ । ਝੇਲਾ—ਝਲ, ਲਾਟਾਂ । ਪੜਿ—ਪੈ ਕੇ । ਪਾਈ—ਉਥੇ ।੯।

ਪਹਿ—ਪਾਸ, ਕੋਲ । ਭਾਣੈ—ਰਜ਼ਾ ਵਿਚ ।੧੦।

ਉਰਝਿ ਬੇਕਾਰਾ—ਵਿਕਾਰਾਂ ਵਿਚ ਫਸ ਕੇ ।੧੧।

ਨੰਦਰਿ—ਨਜ਼ਰ, ਨਿਗਾਹ ।੧੨।

ਨਾ ਮਰੈ—ਆਤਮਕ ਮੌਤ ਨਹੀਂ ਮਰਦਾ ।੧੩।

ਓਹੁ—ਪਰਮਾਤਮਾ ।੧੪।

ਅੰਤਰਗਤਿ—ਆਪਣੇ ਅੰਦਰ ਹੀ ।੧੫।

ਜਨ—ਸੇਵਕ । ਗੋਲਾ—ਗ਼ੁਲਾਮ ।੧੬।

ਅਰਥ :—ਕਰਤਾਰ ਆਪ ਹੀ ਸ੍ਰਿਸ਼ਟੀ ਦਾ ਪੈਦਾ ਕਰਨ ਵਾਲਾ ਹੈ ਤੇ ਆਪ ਹੀ ਇਸ ਵਿਚ ਵਿਆਪਕ ਹੈ । ਉਸ ਕਰਤਾਰ ਨੇ ਆਪ ਹੀ ਜਗਤ ਪੈਦਾ ਕਰ ਕੇ ਇਸ ਦੀ ਸੰਭਾਲ ਦਾ ਫ਼ਰਜ਼ ਭੀ ਪਛਾਣਿਆ ਹੈ । ਪ੍ਰਭੂ ਆਪ ਹੀ ਸਤਿਗੁਰੂ ਹੈ ਆਪ ਹੀ ਸੇਵਕ ਹੈ, ਪ੍ਰਭੂ ਨੇ ਆਪ ਹੀ ਇਹ ਸ੍ਰਿਸ਼ਟੀ ਰਚੀ ਹੈ ।੧।

(ਸਰਬ-ਵਿਆਪਕ ਹੋਣ ਕਰਕੇ ਪ੍ਰਭੂ) ਆਪ ਹੀ (ਹਰੇਕ ਜੀਵ ਦੇ) ਨੇੜੇ ਹੈ ਕਿਸੇ ਤੋਂ ਭੀ ਦੂਰ ਨਹੀਂ । ਜੇਹੜੇ ਮਨੁੱਖ ਗੁਰੂ ਦੇ ਸਨਮੁਖ ਹੋ ਕੇ ਇਹ ਭੇਦ ਸਮਝ ਲੈਂਦੇ ਹਨ ਉਹ ਅਭੁੱਲ ਆਤਮਕ ਜੀਵਨ ਵਾਲੇ ਬਣ ਜਾਂਦੇ ਹਨ । ਗੁਰੂ ਦੀ ਸੰਗਤਿ ਕਰਨ ਕਰਕੇ ਉਹਨਾਂ ਨੂੰ ਇਹ ਮਹੱਤਤਾ ਮਿਲਦੀ ਹੈ ਕਿ ਉਹਨਾਂ ਦੀ ਸੰਗਤਿ ਤੋਂ ਭੀ ਦਿਨ ਰਾਤ ਲਾਭ ਹੀ ਲਾਭ ਮਿਲਦਾ ਹੈ ।੨।

ਹੇ ਪ੍ਰਭੂ! ਹਰੇਕ ਜੁਗ ਵਿਚ ਤੇਰੇ ਸੰਤ ਨੇਕ ਬੰਦੇ ਹੁੰਦੇ ਹਨ, ਉਹ ਜੀਭ ਨਾਲ ਰਸ ਲੈ ਕੇ ਤੇਰੇ ਗੁਣ ਗਾਂਦੇ ਹਨ । ਤੈਥੋਂ ਬਿਨਾ ਉਹਨਾਂ ਨੂੰ ਕਿਸੇ ਹੋਰ ਦੀ ਆਸ ਨਹੀਂ ਹੁੰਦੀ, ਹੇ ਪ੍ਰਭੂ! ਉਹ ਤੇਰੀ ਸਿਫ਼ਤਿ-ਸਾਲਾਹ ਕਰਦੇ ਹਨ (ਆਪਣੇ ਅੰਦਰੋਂ) ਦੁੱਖ ਦਰਿੱਦ੍ਰ ਦੂਰ ਕਰ ਲੈਂਦੇ ਹਨ ।੩।

ਉਹ (ਸੰਤ ਜਨ ਮਾਇਆ ਦੇ ਹੱਲਿਆਂ ਵਲੋਂ ਸਦਾ) ਸੁਚੇਤ ਰਹਿੰਦੇ ਹਨ, ਉਹ ਗ਼ਫ਼ਲਤ ਦੀ ਨੀਂਦ ਵਿਚ ਕਦੇ ਭੀ ਸੁੱਤੇ ਨਹੀਂ ਦਿੱਸਦੇ । ਉਹਨਾਂ ਦੀ ਸੰਗਤਿ ਅਨੇਕਾਂ ਕੁਲਾਂ ਤਾਰ ਦੇਂਦੀ ਹੈ ਕਿਉਂਕਿ ਉਹ ਸਭ ਨੂੰ ਸਦਾ-ਥਿਰ ਪ੍ਰਭੂ ਦਾ ਨਾਮ ਵੰਡਦੇ ਹਨ । (ਉਹਨਾਂ ਦੇ ਅੰਦਰ) ਪਾਪਾਂ ਦੀ ਮੈਲ (ਰਤਾ ਭੀ) ਨਹੀਂ ਹੁੰਦੀ, ਉਹ ਪਵਿੱਤ੍ਰ ਜੀਵਨ ਵਾਲੇ ਹੁੰਦੇ ਹਨ, ਉਹ ਪ੍ਰਭੂ ਦੀ ਭਗਤੀ ਵਿਚ ਰੁੱਝੇ ਰਹਿੰਦੇ ਹਨ, ਪ੍ਰਭੂ ਦੇ ਚਰਨਾਂ ਵਿਚ ਸੁਰਤਿ ਜੋੜੀ ਰੱਖਦੇ ਹਨ ।੪।

ਹੇ ਪ੍ਰਾਣੀਹੋ! ਹਰੀ-ਜਨਾਂ ਦੀ ਸੰਗਤਿ ਵਿਚ ਰਹਿ ਕੇ ਸਤਿਗੁਰੂ ਦੀ ਬਾਣੀ ਵਿਚ ਜੁੜ ਕੇ (ਇਹ ਪੱਕੀ ਗੱਲ) ਸਮਝ ਲਵੋ ਕਿ ਇਹ ਜੁਆਨੀ ਇਹ ਸੁਆਸ ਇਹ ਸਰੀਰ ਸਭ ਪੁਰਾਣੇ ਹੋ ਜਾਣ ਵਾਲੇ ਹਨ । ਹੇ ਪ੍ਰਾਣੀ! (ਜੇਹੜਾ ਭੀ ਜੰਮਿਆ ਹੈ ਉਸ ਨੇ) ਥੋੜੇ ਹੀ ਸਮੇ ਵਿਚ ਮੌਤ ਦੇ ਵੱਸ ਆ ਜਾਣਾ ਹੈ, (ਇਸ ਵਾਸਤੇ) ਪਰਮਾਤਮਾ ਦਾ ਨਾਮ ਜਪੋ ਤੇ ਹਿਰਦੇ ਵਿਚ ਉਸ ਦਾ ਧਿਆਨ ਧਰੋ ।੫।

ਹੇ ਪ੍ਰਾਣੀ! ਨਿਰੇ ਮਾਇਆ ਦੇ ਮੋਹ ਦੀਆਂ ਗੱਲਾਂ ਛੱਡੋ । ਜਿਸ ਮਨੁੱਖ ਦੇ ਅੰਦਰ ਨਿਰਾ ਮਾਇਆ ਦਾ ਮੋਹ ਹੀ ਹੈ ਉਸ ਨੂੰ ਆਤਮਕ ਮੌਤ ਪਹੁੰਚ ਪਹੁੰਚ ਕੇ ਮਾਰਦੀ ਹੈ । ਮਾਇਆ-ਵੇੜ੍ਹੇ ਜੀਵ ਮਾਇਆ ਦੇ ਮੋਹ ਵਿਚ ਖ਼ੁਆਰ ਹੁੰਦੇ ਹਨ । ਜਿਸ ਮਨੁੱਖ ਦੇ ਮਨ ਵਿਚ ਹਉਮੈ ਹੈ ਉਹ ਮੇਰ-ਤੇਰ ਦੇ ਰਸਤੇ ਪੈ ਕੇ ਖ਼ੁਆਰ ਹੁੰਦਾ ਹੈ, ਹਉਮੈ ਉਸ ਨੂੰ ਖ਼ੁਆਰ ਕਰਦੀ ਹੈ ।੬।

(ਹੇ ਭਾਈ!) ਪਰਾਈ ਈਰਖਾ ਤੇ ਪਰਾਈ ਨਿੰਦਿਆ ਛੱਡ ਦਿਉ । (ਜੇਹੜੇ ਨਿੰਦਿਆ ਤੇ ਈਰਖਾ ਕਰਦੇ ਹਨ ਉਹ ਨਿੰਦਿਆ ਤੇ ਈਰਖਾ ਦੀ ਸੜਨ ਵਿਚ) ਪੈ ਪੈ ਕੇ ਸੜਦੇ ਹਨ (ਉਹਨਾਂ ਨੂੰ ਆਪਣੇ ਆਪ ਨੂੰ ਭੀ) ਆਤਮਕ ਸ਼ਾਂਤੀ ਨਹੀਂ ਮਿਲਦੀ । (ਹੇ ਭਾਈ!) ਸਤ ਸੰਗਤਿ ਵਿਚ ਮਿਲ ਕੇ ਪ੍ਰਭੂ ਦੇ ਨਾਮ ਦੀ ਸਿਫ਼ਤਿ-ਸਾਲਾਹ ਕਰੋ (ਜੇਹੜੇ ਬੰਦੇ ਸਿਫ਼ਤਿ-ਸਾਲਾਹ ਕਰਦੇ ਹਨ) ਪਰਮਾਤਮਾ ਉਹਨਾਂ ਦਾ (ਸਦਾ ਦਾ) ਸਾਥੀ ਬਣ ਜਾਂਦਾ ਹੈ ।੭।

ਹੇ ਭਾਈ! ਕਾਮ ਕ੍ਰੋਧ ਆਦਿਕ ਮੰਦ ਕਰਮ ਤਿਆਗੋ, ਹਉਮੈ ਦੀ ਉਲਝਣ ਛੱਡੋ, (ਵਿਕਾਰਾਂ ਵਿਚ) ਖਚਿਤ ਹੋਣ ਤੋਂ ਬਚੋ । (ਪਰ ਇਹਨਾਂ ਵਿਕਾਰਾਂ ਤੋਂ) ਤਦੋਂ ਹੀ ਬਚ ਸਕੋਗੇ ਜੇ ਸਤਿਗੁਰੂ ਦਾ ਆਸਰਾ ਲਵੋਗੇ । ਇਸੇ ਤਰ੍ਹਾਂ ਹੀ (ਭਾਵ, ਗੁਰੂ ਦੀ ਸਰਨ ਪਿਆਂ ਹੀ) ਸੰਸਾਰ-ਸਮੁੰਦਰ ਤੋਂ ਪਾਰ ਲੰਘ ਸਕੀਦਾ ਹੈ ।੮।

ਨਿੰਦਾ ਤਾਤਿ ਪਰਾਈ ਕਾਮ ਕ੍ਰੋਧ ਬੁਰਿਆਈ ਵਾਲੇ ਜੀਵਨ ਵਿਚ ਪਿਆਂ ਨਿਰੋਲ ਅੱਗ ਦੀ ਨਦੀ ਵਿਚੋਂ ਦੀ ਜੀਵਨ-ਪੰਧ ਬਣ ਜਾਂਦਾ ਹੈ ਜਿਥੇ ਉਹ ਲਾਟਾਂ ਨਿਕਲਦੀਆਂ ਹਨ ਜੋ ਆਤਮਕ ਜੀਵਨ ਨੂੰ ਮਾਰ ਮੁਕਾਂਦੀਆਂ ਹਨ । ਉਸ ਆਤਮਕ ਬਿਪਤਾ ਵਿਚ ਕੋਈ ਹੋਰ ਸਾਥੀ ਨਹੀਂ ਬਣਦਾ, ਇਕੱਲੀ ਆਪਣੀ ਜਿੰਦ ਹੀ ਦੁੱਖ ਸਹਾਰਦੀ ਹੈ । ਨਿੰਦਿਆ ਈਰਖਾ ਕਾਮ ਕ੍ਰੋਧ ਆਦਿਕ ਦੀ) ਅੱਗ ਦਾ ਸਮੁੰਦਰ ਇਤਨਾ ਭਾਂਬੜ ਬਾਲਦਾ ਹੈ ਤੇ ਇਤਨੀਆਂ ਲਾਟਾਂ ਛੱਡਦਾ ਹੈ ਕਿ ਆਪਣੇ ਮਨ ਦੇ ਪਿੱਛੇ ਤੁਰਨ ਵਾਲੇ ਬੰਦੇ ਉਸ ਵਿਚ ਪੈ ਕੇ ਸੜਦੇ ਹਨ (ਆਤਮਕ ਜੀਵਨ ਤਬਾਹ ਕਰ ਲੈਂਦੇ ਹਨ ਤੇ ਦੁਖੀ ਹੁੰਦੇ ਹਨ) ।੯।

(ਇਸ ਅੱਗ ਦੇ ਸਮੁੰਦਰ ਤੋਂ) ਖ਼ਲਾਸੀ (ਦਾ ਵਸੀਲਾ) ਗੁਰੂ ਦੇ ਪਾਸ ਹੀ ਹੈ, ਗੁਰੂ ਆਪਣੀ ਰਜ਼ਾ ਵਿਚ (ਪਰਮਾਤਮਾ ਦੇ ਨਾਮ ਦੀ) ਖੈਰ ਪਾਂਦਾ ਹੈ, ਜਿਸ ਨੇ ਇਹ ਖੈਰ ਪ੍ਰਾਪਤ ਕੀਤੀ ਉਹ (ਇਸ ਸਮੁੰਦਰ ਵਿਚੋਂ ਬਚ ਨਿਕਲਣ ਦਾ) ਭੇਤ ਸਮਝ ਲੈਂਦਾ ਹੈ । ਜਿਨ੍ਹਾਂ ਨੂੰ ਗੁਰੂ ਤੋਂ ਨਾਮ-ਦਾਨ ਮਿਲਦਾ ਹੈ, ਹੇ ਭਾਈ! ਉਹਨਾਂ ਤੋਂ ਪੁੱਛ ਕੇ ਵੇਖ ਲਵੋ (ਉਹ ਦੱਸਦੇ ਹਨ ਕਿ) ਸਤਿਗੁਰੂ ਦੀ ਦੱਸੀ ਸੇਵਾ ਕੀਤਿਆਂ ਆਤਮਕ ਆਨੰਦ ਮਿਲਦਾ ਹੈ ।੧੦।

ਗੁਰੂ ਦੀ ਸਰਨ ਪੈਣ ਤੋਂ ਬਿਨਾ ਜੀਵ ਵਿਕਾਰਾਂ ਵਿਚ ਫਸ ਕੇ ਆਤਮਕ ਮੌਤ ਸਹੇੜ ਲੈਂਦੇ ਹਨ, (ਆਤਮਕ) ਮੌਤ (ਉਹਨਾਂ ਦੇ) ਸਿਰ ਉਤੇ (ਮੁੜ ਮੁੜ) ਚੋਟ ਮਾਰਦੀ ਹੈ ਤੇ (ਉਹਨਾਂ ਨੂੰ) ਖ਼ੁਆਰ ਕਰਦੀ (ਰਹਿੰਦੀ ਹੈ) । (ਨਿੰਦਿਆ ਦੀ ਫਾਹੀ ਵਿਚ) ਬੱਝੇ ਹੋਏ ਨਿੰਦਕ ਬੰਦਿਆਂ ਨੂੰ (ਨਿੰਦਿਆ ਦੀ ਵਾਦੀ ਵਿਚੋਂ) ਖ਼ਲਾਸੀ ਨਸੀਬ ਨਹੀਂ ਹੁੰਦੀ, ਪਰਾਈ ਨਿੰਦਿਆ (ਦੇ ਸਮੁੰਦਰ ਵਿਚ) ਸਦਾ ਗੋਤੇ ਖਾਂਦੇ ਰਹਿੰਦੇ ਹਨ ।੧੧।

(ਹੇ ਭਾਈ!) ਸਦਾ-ਥਿਰ ਪ੍ਰਭੂ ਦਾ ਨਾਮ ਜਪੋ, ਉਸ ਨੂੰ ਆਪਣੇ ਅੰਦਰ ਵੱਸਦਾ ਪ੍ਰਤੀਤ ਕਰੋ । ਧਿਆਨ ਲਾ ਕੇ ਵੇਖੋ, ਉਹ ਤੁਹਾਥੋਂ ਦੂਰ ਨਹੀਂ ਹੈ । ਗੁਰੂ ਦੀ ਸਰਨ ਪੈ ਕੇ (ਨਾਮ ਜਪੋ, ਨਾਮ ਸਿਮਰਨ ਦੀ) ਤਾਰੀ ਤਰੋ (ਜੀਵਨ-ਸਫ਼ਰ ਵਿਚ ਕੋਈ) ਰੁਕਾਵਟ ਨਹੀਂ ਆਵੇਗੀ । ਗੁਰੂ ਇਸ ਤਰ੍ਹਾਂ (ਭਾਵ, ਨਾਮ ਜਪਾ ਕੇ) ਸੰਸਾਰ-ਸਮੁੰਦਰ ਤੋਂ ਪਾਰ ਲੰਘਾ ਲੈਂਦਾ ਹੈ ।੧੨।

ਪਰਮਾਤਮਾ ਦਾ ਨਾਮ ਹਰੇਕ ਜੀਵ ਦੇ ਸਰੀਰ ਦੇ ਅੰਦਰ ਨਿਵਾਸ ਰੱਖਦਾ ਹੈ, ਅਬਿਨਾਸ਼ੀ ਕਰਤਾਰ ਆਪ ਹੀ (ਹਰੇਕ ਦੇ ਅੰਦਰ ਮੌਜੂਦ) ਹੈ । (ਜੀਵ ਉਸ ਪਰਮਾਤਮਾ ਦੀ ਹੀ ਅੰਸ ਹੈ, ਇਸ ਵਾਸਤੇ) ਜੀਵਾਤਮਾ ਨਾਹ ਮਰਦਾ ਹੈ, ਨਾਹ ਇਸ ਨੂੰ ਕੋਈ ਮਾਰ ਸਕਦਾ ਹੈ । ਰਜ਼ਾ ਦਾ ਮਾਲਕ ਕਰਤਾਰ (ਜੀਵ) ਪੈਦਾ ਕਰ ਕੇ ਆਪਣੇ ਹੁਕਮ ਵਿਚ (ਸਭ ਦੀ) ਸੰਭਾਲ ਕਰਦਾ ਹੈ ।੧੩।

ਉਹ ਪਰਮਾਤਮਾ ਸੁੱਧ-ਸਰੂਪ ਹੈ, ਉਸ ਵਿਚ (ਮਾਇਆ ਦੇ ਮੋਹ ਆਦਿਕ ਦਾ) ਰਤਾ ਭੀ ਹਨੇਰਾ ਨਹੀਂ ਹੈ । ਉਹ ਸੱਚ-ਸਰੂਪ ਪ੍ਰਭੂ ਆਪ ਹੀ (ਹਰੇਕ ਦੇ) ਹਿਰਦੇ ਤਖ਼ਤ ਉਤੇ ਬੈਠਾ ਹੋਇਆ ਹੈ । ਪਰ ਮਾਇਆ-ਵੇੜ੍ਹੇ ਜੀਵ ਮਾਇਆ ਦੇ ਮੋਹ ਵਿਚ ਬੱਝ ਕੇ ਭਟਕਣਾ ਵਿਚ ਪਏ ਹੋਏ ਹਨ, ਮਰਦੇ ਹਨ ਜੰਮਦੇ ਹਨ, ਉਹਨਾਂ ਦਾ ਇਹ ਆਵਾਗਵਨ ਦਾ ਗੇੜ ਬਣਿਆ ਰਹਿੰਦਾ ਹੈ ।੧੪।

ਗੁਰੂ ਨਾਲ ਪਿਆਰ ਕਰਨ ਵਾਲੇ ਗੁਰੂ ਦੇ ਸੇਵਕ (ਮਾਇਆ-ਮੋਹ ਤੋਂ ਨਿਰਲੇਪ ਰਹਿ ਕੇ) ਹਿਰਦੇ-ਤਖ਼ਤ ਉਤੇ ਬੈਠੇ ਰਹਿੰਦੇ ਹਨ, ਗੁਰੂ ਦੇ ਸ਼ਬਦ ਨੂੰ ਆਪਣੀ ਸੋਚ ਦੇ ਮੰਡਲ ਵਿਚ ਟਿਕਾਂਦੇ ਹਨ, ਉਹ ਜਗਤ ਦੇ ਮੂਲ ਪ੍ਰਭੂ ਨੂੰ ਲੱਭ ਲੈਂਦੇ ਹਨ, ਆਪਣੇ ਅੰਦਰ ਵੱਸਦਾ ਪਛਾਣ ਲੈਂਦੇ ਹਨ, ਸਾਧ ਸੰਗਤਿ ਵਿਚ ਟਿਕ ਕੇ ਸਦਾ-ਥਿਰ ਪ੍ਰਭੂ ਨੂੰ ਸਿਮਰਦੇ ਹਨ, ਤੇ ਆਦਰ ਪਾਂਦੇ ਹਨ ।੧੫।

(ਜੇਹੜਾ ਮਨੁੱਖ ਨਾਮ ਸਿਮਰਦਾ ਹੈ) ਉਹ ਆਪ ਸੰਸਾਰ-ਸਮੁੰਦਰ ਤੋਂ ਪਾਰ ਲੰਘ ਜਾਂਦਾ ਹੈ, ਆਪਣੇ ਪਿਤਰਾਂ ਨੂੰ (ਪਿਉ ਦਾਦਾ ਆਦਿਕ ਬਜ਼ੁਰਗਾਂ ਨੂੰ) ਭੀ ਪਾਰ ਲੰਘਾ ਲੈਂਦਾ ਹੈ । ਉਸ ਦੀ ਸੰਗਤਿ ਵਿਚ ਆਉਣ ਵਾਲਿਆਂ ਨੂੰ ਭੀ ਮਾਇਆ ਦੇ ਬੰਧਨਾਂ ਤੋਂ ਸੁਤੰਤ੍ਰਤਾ ਮਿਲ ਜਾਂਦੀ ਹੈ, ਉਹ ਸੇਵਕ ਉਹਨਾਂ ਨੂੰ ਪਾਰ ਲੰਘਾ ਦੇਂਦਾ ਹੈ । ਜਿਸ ਮਨੁੱਖ ਨੇ ਗੁਰੂ ਦੀ ਸਰਨ ਪੈ ਕੇ ਪਰਮਾਤਮਾ ਦੇ ਚਰਨਾਂ ਵਿਚ ਸੁਰਤਿ ਜੋੜੀ ਹੈ ਨਾਨਕ (ਭੀ) ਉਸ (ਵਡ-ਭਾਗੀ) ਦਾ ਸੇਵਕ ਹੈ ਗ਼ੁਲਾਮ ਹੈ ।੧੬।੬।

ਮਾਰੂ ਮਹਲਾ ੧ ॥ ਕੇਤੇ ਜੁਗ ਵਰਤੇ ਗੁਬਾਰੈ ॥ ਤਾੜੀ ਲਾਈ ਅਪਰ ਅਪਾਰੈ ॥ ਧੁੰਧੂਕਾਰਿ ਨਿਰਾਲਮੁ ਬੈਠਾ ਨਾ ਤਦਿ ਧੰਧੁ ਪਸਾਰਾ ਹੇ ॥੧॥ ਜੁਗ ਛਤੀਹ ਤਿਨੈ ਵਰਤਾਏ ॥ ਜਿਉ ਤਿਸੁ ਭਾਣਾ ਤਿਵੈ ਚਲਾਏ ॥ ਤਿਸਹਿ ਸਰੀਕੁ ਨ ਦੀਸੈ ਕੋਈ ਆਪੇ ਅਪਰ ਅਪਾਰਾ ਹੇ ॥੨॥ ਗੁਪਤੇ ਬੂਝਹੁ ਜੁਗ ਚਤੁਆਰੇ ॥ ਘਟਿ ਘਟਿ ਵਰਤੈ ਉਦਰ ਮਝਾਰੇ ॥ ਜੁਗੁ ਜੁਗੁ ਏਕਾ ਏਕੀ ਵਰਤੈ ਕੋਈ ਬੂਝੈ ਗੁਰ ਵੀਚਾਰਾ ਹੇ ॥੩॥ ਬਿੰਦੁ ਰਕਤੁ ਮਿਲਿ ਪਿੰਡੁ ਸਰੀਆ ॥ ਪਉਣੁ ਪਾਣੀ ਅਗਨੀ ਮਿਲਿ ਜੀਆ ॥ ਆਪੇ ਚੋਜ ਕਰੇ ਰੰਗ ਮਹਲੀ ਹੋਰ ਮਾਇਆ ਮੋਹ ਪਸਾਰਾ ਹੇ ॥੪॥ ਗਰਭ ਕੁੰਡਲ ਮਹਿ ਉਰਧ ਧਿਆਨੀ ॥ ਆਪੇ ਜਾਨੈ ਅੰਤਰਜਾਮੀ ॥ ਸਾਸਿ ਸਾਸਿ ਸਚੁ ਨਾਮੁ ਸਮਾਲੇ ਅੰਤਰਿ ਉਦਰ ਮਝਾਰਾ ਹੇ ॥੫॥ ਚਾਰਿ ਪਦਾਰਥ ਲੈ ਜਗਿ ਆਇਆ ॥ ਸਿਵ ਸਕਤੀ ਘਰਿ ਵਾਸਾ ਪਾਇਆ ॥ ਏਕੁ ਵਿਸਾਰੇ ਤਾ ਪਿੜ ਹਾਰੇ ਅੰਧੁਲੈ ਨਾਮੁ ਵਿਸਾਰਾ ਹੇ ॥੬॥ ਬਾਲਕੁ ਮਰੈ, ਬਾਲਕ ਕੀ ਲੀਲਾ ॥ ਕਹਿ ਕਹਿ ਰੋਵਹਿ ਬਾਲੁ ਰੰਗੀਲਾ ॥ ਜਿਸ ਕਾ ਸਾ ਸੋ ਤਿਨ ਹੀ ਲੀਆ ਭੂਲਾ ਰੋਵਣਹਾਰਾ ਹੇ ॥੭॥ ਭਰਿ ਜੋਬਨਿ ਮਰਿ ਜਾਹਿ ਕਿ ਕੀਜੈ ॥ ਮੇਰਾ ਮੇਰਾ ਕਰਿ ਰੋਵੀਜੈ ॥ ਮਾਇਆ ਕਾਰਣਿ ਰੋਇ ਵਿਗੂਚਹਿ ਧ੍ਰਿਗੁ ਜੀਵਣੁ ਸੰਸਾਰਾ ਹੇ ॥੮॥ ਕਾਲੀ ਹੂ ਫੁਨਿ ਧਉਲੇ ਆਏ ॥ ਵਿਣੁ ਨਾਵੈ ਗਥੁ ਗਇਆ ਗਵਾਏ ॥ ਦੁਰਮਤਿ ਅੰਧੁਲਾ ਬਿਨਸਿ ਬਿਨਾਸੈ ਮੂਠੇ ਰੋਇ ਪੂਕਾਰਾ ਹੇ ॥੯॥ ਆਪੁ ਵੀਚਾਰਿ ਨ ਰੋਵੈ ਕੋਈ ॥ ਸਤਿਗੁਰੁ ਮਿਲੈ ਤ ਸੋਝੀ ਹੋਈ ॥ ਬਿਨੁ ਗੁਰ ਬਜਰ ਕਪਾਟ ਨ ਖੂਲਹਿ ਸਬਦਿ ਮਿਲੈ ਨਿਸਤਾਰਾ ਹੇ ॥੧੦॥ ਬਿਰਧਿ ਭਇਆ ਤਨੁ ਛੀਜੈ ਦੇਹੀ ॥ ਰਾਮੁ ਨ ਜਪਈ ਅੰਤਿ ਸਨੇਹੀ ॥ ਨਾਮੁ ਵਿਸਾਰਿ ਚਲੈ ਮੁਹਿ ਕਾਲੈ ਦਰਗਹ ਝੂਠੁ ਖੁਆਰਾ ਹੇ ॥੧੧॥ ਨਾਮੁ ਵਿਸਾਰਿ ਚਲੈ ਕੂੜਿਆਰੋ ॥ ਆਵਤ ਜਾਤ ਪੜੈ ਸਿਰਿ

ਛਾਰੋ ॥ ਸਾਹੁਰੜੈ ਘਰਿ ਵਾਸੁ ਨ ਪਾਏ ਪੇਈਅੜੈ ਸਿਰਿ ਮਾਰਾ ਹੇ ॥੧੨॥ ਖਾਜੈ ਪੈਝੈ ਰਲੀ ਕਰੀਜੈ ॥ ਬਿਨੁ ਅਭ ਭਗਤੀ ਬਾਦਿ ਮਰੀਜੈ ॥ ਸਰ ਅਪਸਰ ਕੀ ਸਾਰ ਨ ਜਾਣੈ ਜਮੁ ਮਾਰੇ ਕਿਆ ਚਾਰਾ ਹੇ ॥੧੩॥ ਪਰਵਿਰਤੀ ਨਰਵਿਰਤਿ ਪਛਾਣੈ ॥ ਗੁਰ ਕੈ ਸੰਗਿ ਸਬਦਿ ਘਰੁ ਜਾਣੈ ॥ ਕਿਸ ਹੀ ਮੰਦਾ ਆਖਿ ਨ ਚਲੈ ਸਚਿ ਖਰਾ ਸਚਿਆਰਾ ਹੇ ॥੧੪॥ ਸਾਚ ਬਿਨਾ ਦਰਿ ਸਿਝੈ ਨ ਕੋਈ ॥ ਸਾਚ ਸਬਦਿ ਪੈਝੈ ਪਤਿ ਹੋਈ ॥ ਆਪੇ ਬਖਸਿ ਲਏ ਤਿਸੁ ਭਾਵੈ ਹਉਮੈ ਗਰਬੁ ਨਿਵਾਰਾ ਹੇ ॥੧੫॥ ਗੁਰ ਕਿਰਪਾ ਤੇ ਹੁਕਮੁ ਪਛਾਣੈ ॥ ਜੁਗਹ ਜੁਗੰਤਰ ਕੀ ਬਿਧਿ ਜਾਣੈ ॥ ਨਾਨਕ ਨਾਮੁ ਜਪਹੁ ਤਰੁ ਤਾਰੀ ਸਚੁ ਤਾਰੇ ਤਾਰਣਹਾਰਾ ਹੇ ॥੧੬॥੧॥੭॥ {ਪੰਨਾ ੧੦੨੬-੧੦੨੭}

ਪਦ ਅਰਥ :—ਕੇਤੇ—ਅਨੇਕਾਂ ਹੀ । ਵਰਤੇ—ਗੁਜ਼ਰ ਗਏ । ਗੁਬਾਰੈ—ਘੁੱਪ ਹਨੇਰੇ ਵਿਚ । ਤਾੜੀ ਲਾਈ—ਆਪਣੇ ਆਪ ਵਿਚ ਟਿਕਿਆ ਰਿਹਾ । ਅਪਾਰੈ—ਅਪਾਰ ਪ੍ਰਭੂ ਨੇ । ਅਪਰ—ਜਿਸ ਤੋਂ ਪਰੇ ਹੋਰ ਕੋਈ ਨਹੀਂ । ਧੁੰਧੂਕਾਰਿ—ਘੁੱਪ ਹਨੇਰੇ ਵਿਚ । ਨਿਰਾਲਮੁ—ਨਿਰਲੇਪ । ਤਦਿ—ਤਦੋਂ । ਧੰਧੁ—ਮਾਇਆ ਵਾਲੀ ਦੌੜ-ਭੱਜ ।੧।

ਤਿਨੈ—ਤਿਨਿ ਹੀ, ਉਸ ਪਰਮਾਤਮਾ ਨੇ ਹੀ । ਤਿਸਹਿ—ਤਿਸੁ ਹੀ, ਉਸ ਪ੍ਰਭੂ ਦਾ ਹੀ ।੨।

ਜੁਗ ਚਤੁਆਰੇ—ਚਾਰ ਜੁਗਾਂ ਵਿਚ । ਉਦਰ ਮਝਾਰੇ—ਪੇਟ ਵਿਚ, ਹਰੇਕ ਦੇ ਹਿਰਦੇ ਵਿਚ । ਏਕਾ ਏਕੀ—ਇਕੱਲਾ ਆਪ ਹੀ । ਕੋਈ—ਕੋਈ ਵਿਰਲਾ ।੩।

ਬਿੰਦੁ—ਵੀਰਜ ਦੀ ਬੂੰਦ । ਰਕਤੁ—ਰੱਤ, ਲਹੂ । ਪਿੰਡੁ—ਸਰੀਰ । ਸਰੀਆ—ਪੈਦਾ ਹੋਇਆ । ਮਹਲੀ—ਸਰੀਰਾਂ ਦਾ ਮਾਲਕ ਪ੍ਰਭੂ ।੪।

ਉਰਧ—ਉਲਟਾ । ਸਾਸਿ ਸਾਸਿ—ਹਰੇਕ ਸਾਹ ਨਾਲ । ਸਮਾਲੇ—ਸੰਭਾਲਦਾ ਹੈ, ਯਾਦ ਕਰਦਾ ਹੈ ।੫।

ਜਗਿ—ਜਗਤ ਵਿਚ । ਸਿਵ ਸਕਤੀ ਘਰਿ—ਸ਼ਿਵ ਦੀ ਸ਼ਕਤੀ ਦੇ ਘਰ ਵਿਚ, ਪ੍ਰਭੂ ਦੀ ਰਚੀ ਮਾਇਆ ਦੇ ਘਰ ਵਿਚ । ਏਕੁ—ਇਕ ਪਰਮਾਤਮਾ ਨੂੰ । ਅੰਧੁਲੈ—ਅੰਨ੍ਹੇ ਜੀਵ ਨੇ ।੬।

ਲੀਲਾ—ਖੇਡ । ਕਹਿ ਕਹਿ—ਆਖ ਆਖ ਕੇ । ਤਿਨ ਹੀ—ਤਿਨਿ ਹੀ, ਉਸ (ਪ੍ਰਭੂ) ਨੇ ਹੀ ।੭।

ਕਿ ਕੀਝੈ—ਕੀਹ ਕਰ ਸਕਦਾ ਹੈ? ਰੋਇ—ਰੋ ਰੋ ਕੇ । ਵਿਗੂਚਹਿ—ਖ਼ੁਆਰ ਹੁੰਦੇ ਹਨ ।੮।

ਹੂ—ਤੋਂ । ਫੁਨਿ—ਮੁੜ । ਗਥੁ—ਪੂੰਜੀ {ਗÄਥ—ਪ੍ਰ:} । ਬਿਨਸਿ—ਮਰ ਕੇ, ਆਤਮਕ ਮੌਤ ਸਹੇੜ ਕੇ । ਮੂਠੇ—ਠੱਗਿਆ ਜਾ ਕੇ ।੯।

ਆਪੁ—ਆਪਣੇ ਆਪ ਨੂੰ । ਬਜਰ—ਕਰੜੇ । ਕਪਾਟ—ਕਵਾੜ, ਭਿੱਤ ।੧੦।

ਛੀਜੈ—ਕਮਜ਼ੋਰ ਹੋ ਜਾਂਦਾ ਹੈ । ਦੇਹੀ—ਸਰੀਰ । ਜਪਈ—ਜਪੈ, ਜਪਦਾ । ਅੰਤਿ—ਅਖ਼ੀਰ ਵਿਚ । ਸਨੇਹੀ—ਪਿਆਰ ਕਰਨ ਵਾਲਾ, ਮਿੱਤਰ । ਮੁਹਿ ਕਾਲੈ—ਕਾਲੇ ਮੂੰਹ ਨਾਲ ।੧੧।

ਕੂੜਿਆਰੇ—ਕੂੜ ਦਾ ਵਣਜਾਰਾ । ਪੜੈ—ਪੈਂਦੀ ਹੈ । ਛਾਰੋ—ਸੁਆਹ । ਘਰਿ—ਘਰ ਵਿਚ । ਸਿਰਿ—ਸਿਰ ਉਤੇ ।੧੨।

ਖਾਜੈ—ਖਾਈਦਾ ਹੈ । ਪੈਝੈ—ਪਹਿਨੀਦਾ ਹੈ । ਰਲੀ—ਰੰਗ-ਰਲੀਆਂ । ਅਭ—ਅੰਦਰਲੀ {ਅËਯੰਤਰ} । ਬਾਦਿ—ਵਿਅਰਥ । ਸਰ ਅਪਸਰ—ਚੰਗਾ ਮੰਦਾ ਸਮਾ । ਸਾਰ—ਸਮਝ, ਪਰਖ । ਚਾਰਾ—ਜ਼ੋਰ, ਪੇਸ਼ ।੧੩।

ਪਰਵਿਰਤੀ—{ਪ੍ਰਵãfÙ} ਦੁਨੀਆ ਵਾਲਾ ਰੁਝੇਵਾਂ । ਨਰਵਿਰਤਿ—{ਨਿਵãfÄਤ} ਉਪਰਾਮਤਾ । ਘਰੁ—ਉਹ ਟਿਕਾਣਾ ਜਿਥੇ ਮਨ ਸ਼ਾਂਤ ਰਹਿ ਸਕਦਾ ਹੈ ।੧੪।

ਸਿਝੈ—ਕਾਮਯਾਬ ਹੁੰਦਾ । ਪੈਝੈ—ਸਰੋਪਾ ਮਿਲਿਆ । ਪਤਿ—ਇੱਜ਼ਤ । ਤਿਸੁ—ਉਸ ਪ੍ਰਭੂ ਨੂੰ ।੧੫।

ਤੇ—ਤੋਂ, ਨਾਲ । ਬਿਧਿ—(ਸੰਸਾਰ-ਸਮੁੰਦਰ ਤੋਂ ਪਾਰ ਲੰਘਣ ਦੀ) ਵਿਧੀ । ਸਚੁ—ਸਦਾ-ਥਿਰ ਪ੍ਰਭੂ ।੧੬।

ਅਰਥ :—ਅਨੇਕਾਂ ਹੀ ਜੁਗ ਘੁੱਪ ਹਨੇਰੇ ਵਿਚ ਲੰਘ ਗਏ (ਭਾਵ, ਸ੍ਰਿਸ਼ਟੀ-ਰਚਨਾ ਤੋਂ ਪਹਿਲਾਂ ਬੇਅੰਤ ਸਮਾ ਅਜੇਹੀ ਹਾਲਤ ਸੀ ਜਿਸ ਬਾਰੇ ਕੁਝ ਭੀ ਸਮਝ ਨਹੀਂ ਆ ਸਕਦੀ), ਤਦੋਂ ਅਪਰ ਅਪਾਰ ਪਰਮਾਤਮਾ ਨੇ (ਆਪਣੇ ਆਪ ਵਿਚ) ਸਮਾਧੀ ਲਾਈ ਹੋਈ ਸੀ । ਉਸ ਘੁੱਪ ਹਨੇਰੇ ਵਿਚ ਪ੍ਰਭੂ ਆਪ ਨਿਰਲੇਪ ਬੈਠਾ ਹੋਇਆ ਸੀ, ਤਦੋਂ ਨਾਹ ਜਗਤ ਦਾ ਖਿਲਾਰਾ ਸੀ ਤੇ ਨਾਹ ਮਾਇਆ ਵਾਲੀ ਦੌੜ-ਭੱਜ ਸੀ ।੧।

(ਘੁੱਪ ਹਨੇਰੇ ਦੇ) ਛੱਤੀ ਜੁਗ ਉਸ ਪਰਮਾਤਮਾ ਨੇ ਹੀ ਵਰਤਾਈ ਰੱਖੇ, ਜਿਵੇਂ ਉਸ ਨੂੰ ਚੰਗਾ ਲੱਗਾ ਉਸੇ ਤਰ੍ਹਾਂ (ਉਸ ਘੁੱਪ ਹਨੇਰੇ ਵਾਲੀ ਕਾਰ ਹੀ) ਚਲਾਂਦਾ ਰਿਹਾ । ਉਹ ਪਰਮਾਤਮਾ ਆਪ ਹੀ ਆਪ ਹੈ, ਉਸ ਤੋਂ ਪਰੇ ਹੋਰ ਕੋਈ ਹਸਤੀ ਨਹੀਂ, ਉਸ ਦਾ ਪਾਰਲਾ ਬੰਨਾ ਨਹੀਂ ਲੱਭ ਸਕਦਾ, ਕੋਈ ਭੀ ਉਸ ਦੇ ਬਰਾਬਰ ਦਾ ਨਹੀਂ ਦਿੱਸਦਾ ।੨।

(ਹੁਣ ਜਦੋਂ ਉਸ ਨੇ ਜਗਤ-ਰਚਨਾ ਰਚ ਲਈ ਹੈ, ਤਾਂ ਭੀ, ਹੇ ਭਾਈ! ਉਸੇ ਨੂੰ) ਚੌਹਾਂ ਜੁਗਾਂ ਵਿਚ (ਜਗਤ ਦੇ ਅੰਦਰ) ਗੁਪਤ ਵਿਆਪਕ ਜਾਣੋ । ਉਹ ਹਰੇਕ ਸਰੀਰ ਦੇ ਅੰਦਰ ਹਰੇਕ ਦੇ ਹਿਰਦੇ ਵਿਚ ਮੌਜੂਦ ਹੈ । ਉਹ ਇਕੱਲਾ ਆਪ ਹੀ ਹਰੇਕ ਜੁਗ ਵਿਚ (ਸਾਰੀ ਸ੍ਰਿਸ਼ਟੀ ਦੇ ਅੰਦਰ) ਰਮ ਰਿਹਾ ਹੈ—ਇਸ ਭੇਤ ਨੂੰ ਕੋਈ ਉਹ ਵਿਰਲਾ ਬੰਦਾ ਸਮਝਦਾ ਹੈ ਜੋ ਗੁਰੂ (ਦੀ ਬਾਣੀ) ਦੀ ਵਿਚਾਰ ਕਰਦਾ ਹੈ ।੩।

(ਉਸ ਪਰਮਾਤਮਾ ਦੇ ਹੁਕਮ ਵਿਚ ਹੀ) ਪਿਤਾ ਦੇ ਵੀਰਜ ਦੀ ਬੂੰਦ ਤੇ ਮਾਂ ਦੇ ਪੇਟ ਦੇ ਲਹੂ ਨੇ ਮਿਲ ਕੇ (ਮਨੁੱਖਾ) ਸਰੀਰ ਬਣਾ ਦਿੱਤਾ । ਹਵਾ ਪਾਣੀ ਅੱਗ (ਆਦਿਕ ਤੱਤਾਂ ਨੇ ਮਿਲ ਕੇ ਜੀਵ ਰਚ ਦਿੱਤੇ । ਹਰੇਕ ਸਰੀਰ ਵਿਚ ਬੈਠਾ ਪਰਮਾਤਮਾ ਆਪ ਹੀ ਸਭ ਚੋਜ ਤਮਾਸ਼ੇ ਕਰ ਰਿਹਾ ਹੈ, ਉਸ ਨੇ ਆਪ ਹੀ ਮਾਇਆ ਦੇ ਮੋਹ ਦਾ ਖਿਲਾਰਾ ਖਿਲਾਰਿਆ ਹੈ ।੪।

(ਉਸ ਪ੍ਰਭੂ ਦੇ ਹੁਕਮ ਅਨੁਸਾਰ ਹੀ) ਜੀਵ ਮਾਂ ਦੇ ਪੇਟ ਵਿਚ ਪੁੱਠਾ (ਲਟਕ ਕੇ) ਪ੍ਰਭੂ-ਚਰਨਾਂ ਵਿਚ ਸੁਰਤਿ ਜੋੜੀ ਰੱਖਦਾ ਹੈ, ਪ੍ਰਭੂ ਅੰਤਰਜਾਮੀ ਆਪ ਹੀ (ਜੀਵ ਦੇ ਦਿਲ ਦੀ) ਜਾਣਦਾ ਹੈ । ਜੀਵ ਮਾਂ ਦੇ ਪੇਟ ਦੇ ਅੰਦਰ ਸੁਆਸ ਸੁਆਸ ਸਦਾ-ਥਿਰ ਪਰਮਾਤਮਾ ਦਾ ਨਾਮ ਚੇਤੇ ਕਰਦਾ ਰਹਿੰਦਾ ਹੈ ।੫।

(ਪਰਮਾਤਮਾ ਪਾਸੋਂ) ਚਾਰ ਪਦਾਰਥ ਲੈ ਕੇ ਜੀਵ ਜਗਤ ਵਿਚ ਆਇਆ ਹੈ, (ਪਰ ਇਥੇ ਆ ਕੇ) ਪ੍ਰਭੂ ਦੀ ਰਚੀ ਮਾਇਆ ਦੇ ਘਰ ਵਿਚ ਟਿਕਾਣਾ ਬਣਾ ਬੈਠਾ ਹੈ (ਭਾਵ, ਮਾਇਆ ਦੇ ਮੋਹ ਵਿਚ ਫਸ ਜਾਂਦਾ ਹੈ, ਮਾਇਆ ਦੇ ਮੋਹ ਵਿਚ) ਅੰਨ੍ਹੇ ਹੋਏ ਜੀਵ ਨੇ ਪ੍ਰਭੂ ਦਾ ਨਾਮ ਭੁਲਾ ਦਿੱਤਾ ਹੈ । ਜੇਹੜਾ ਜੀਵ ਨਾਮ ਭੁਲਾਂਦਾ ਹੈ ਉਹ ਮਨੁੱਖਾ ਜਨਮ ਦੀ ਬਾਜ਼ੀ ਹਾਰ ਜਾਂਦਾ ਹੈ ।੬।

(ਵੇਖੋ ਮਾਇਆ ਦੇ ਮੋਹ ਦਾ ਪ੍ਰਭਾਵ! ਜਦੋਂ ਕਿਸੇ ਘਰ ਵਿਚ ਕੋਈ) ਬਾਲਕ ਮਰਦਾ ਹੈ, ਤਾਂ (ਮਾਂ ਪਿਉ ਭੈਣ ਭਰਾ ਆਦਿਕ ਸੰਬੰਧੀ) ਉਸ ਬਾਲਕ ਦੀਆਂ ਪਿਆਰ-ਭਰੀਆਂ ਖੇਡਾਂ ਚੇਤੇ ਕਰਦੇ ਹਨ, ਤੇ ਇਹ ਆਖ ਆਖ ਕੇ ਰੋਂਦੇ ਹਨ ਕਿ ਬਾਲਕ ਬੜਾ ਹਸ-ਮੁਖਾ ਸੀ । ਜਿਸ ਪ੍ਰਭੂ ਦਾ ਭੇਜਿਆ ਹੋਇਆ ਉਹ ਬਾਲਕ ਸੀ ਉਸ ਨੇ ਉਹ ਵਾਪਸ ਲੈ ਲਿਆ (ਉਸ ਨੂੰ ਯਾਦ ਕਰ ਕਰ ਕੇ) ਰੋਣ ਵਾਲਾ (ਮਾਇਆ ਦੇ ਮੋਹ ਵਿਚ ਫਸ ਕੇ ਜੀਵਨ-ਰਾਹ ਤੋਂ) ਖੁੰਝ ਜਾਂਦਾ ਹੈ ।੭।

ਜਦੋਂ ਕੋਈ ਭਰ-ਜਵਾਨੀ ਵੇਲੇ ਮਰ ਜਾਂਦੇ ਹਨ ਤਦੋਂ ਭੀ ਕੀਹ ਕੀਤਾ ਜਾ ਸਕਦਾ ਹੈ? ਇਹ ਆਖ ਆਖ ਕੇ ਰੋਵੀਦਾ ਹੀ ਹੈ ਕਿ ਉਹ ਮੇਰਾ (ਪਿਆਰਾ) ਸੀ ਮੇਰਾ (ਪਿਆਰਾ) ਸੀ । (ਜੇਹੜੇ ਰੋਂਦੇ ਭੀ ਹਨ ਉਹ ਭੀ ਆਪਣੀਆਂ ਥੁੜਾਂ ਚੇਤੇ ਕਰ ਕਰ ਕੇ) ਮਾਇਆ ਦੀ ਖ਼ਾਤਰ ਰੋ ਰੋ ਕੇ ਦੁਖੀ ਹੁੰਦੇ ਹਨ । ਜਗਤ ਵਿਚ ਅਜੇਹਾ ਜੀਵਨ ਫਿਟਕਾਰ-ਜੋਗ ਹੋ ਜਾਂਦਾ ਹੈ ।੮।

(ਜਵਾਨੀ ਲੰਘ ਜਾਂਦੀ ਹੈ) ਕਾਲੇ ਕੇਸਾਂ ਤੋਂ ਫਿਰ ਧੌਲੇ ਆ ਜਾਂਦੇ ਹਨ (ਇਸ ਉਮਰ ਤਕ ਭੀ) ਪ੍ਰਭੂ ਦੇ ਨਾਮ ਤੋਂ ਖੁੰਝਿਆ ਰਹਿ ਕੇ ਮਨੁੱਖ ਆਪਣਾ ਆਤਮਕ ਜੀਵਨ ਦਾ ਸਰਮਾਇਆ ਗਵਾਈ ਜਾਂਦਾ ਹੈ । ਭੈੜੀ ਮੱਤੇ ਲੱਗ ਕੇ ਮਾਇਆ ਦੇ ਮੋਹ ਵਿਚ ਅੰਨ੍ਹਾ ਹੋਇਆ ਜੀਵ ਆਤਮਕ ਮੌਤ ਸਹੇੜ ਕੇ ਆਤਮਕ ਮੌਤੇ ਮਰਦਾ ਰਹਿੰਦਾ ਹੈ । ਮਾਇਆ ਦਾ ਠੱਗਿਆ ਹੋਇਆ ਮਾਇਆ ਦੀ ਖ਼ਾਤਰ ਹੀ ਰੋ ਰੋ ਕੇ ਪੁਕਾਰਦਾ ਹੈ (ਉਸ ਉਮਰ ਤਕ ਭੀ ਮਾਇਆ ਦੇ ਰੋਣੇ ਰੋਂਦਾ ਰਹਿੰਦਾ ਹੈ) ।੯।

ਜੇਹੜਾ ਕੋਈ ਮਨੁੱਖ ਆਪਣੇ ਆਪ ਨੂੰ ਵਿਚਾਰਦਾ ਹੈ (ਆਪਣੇ ਆਤਮਕ ਜੀਵਨ ਨੂੰ ਪੜਤਾਲਦਾ ਰਹਿੰਦਾ ਹੈ) ਉਹ ਪਛੁਤਾਂਦਾ ਨਹੀਂ ਹੈ । ਪਰ ਇਹ ਸੋਝੀ ਕਿਸੇ ਨੂੰ ਤਦੋਂ ਹੀ ਹੁੰਦੀ ਹੈ ਜਦੋਂ ਉਸ ਨੂੰ ਗੁਰੂ ਮਿਲ ਪਏ । (ਮਾਇਆ ਦੇ ਮੋਹ ਦੇ ਕਾਰਨ ਮਨੁੱਖ ਦੀ ਅਕਲ ਤੇ ਪੜਦਾ ਪਿਆ ਰਹਿੰਦਾ ਹੈ; ਅਕਲ, ਮਾਨੋ, ਕਰੜੇ ਕਵਾੜਾਂ ਵਿਚ ਬੰਦ ਰਹਿੰਦੀ ਹੈ) ਗੁਰੂ ਤੋਂ ਬਿਨਾ (ਉਹ) ਕਰੜੇ ਕਵਾੜ ਖੁਲ੍ਹਦੇ ਨਹੀਂ ਹਨ । ਜੇਹੜਾ ਮਨੁੱਖ ਗੁਰੂ ਦੇ ਸ਼ਬਦ ਵਿਚ ਜੁੜਦਾ ਹੈ ਉਹ (ਇਸ ਕੈਦ ਵਿਚੋਂ) ਖ਼ਲਾਸੀ ਹਾਸਲ ਕਰ ਲੈਂਦਾ ਹੈ ।੧੦।

ਮਨੁੱਖ ਬੁੱਢਾ ਹੋ ਜਾਂਦਾ ਹੈ, (ਉਸ ਦਾ) ਸਰੀਰ ਭੀ ਕਮਜ਼ੋਰ ਹੋ ਜਾਂਦਾ ਹੈ (ਪਰ ਮਾਇਆ ਦਾ ਮੋਹ ਇਤਨਾ ਪ੍ਰਬਲ ਹੈ ਕਿ ਅਜੇ ਭੀ) ਪਰਮਾਤਮਾ ਦਾ ਨਾਮ ਨਹੀਂ ਸਿਮਰਦਾ ਜੋ (ਸਭ ਸਾਕਾਂ ਅੰਗਾਂ ਦੇ ਸਾਥ ਛੱਡ ਜਾਣ ਤੇ ਭੀ) ਅੰਤ ਨੂੰ ਪਿਆਰਾ ਸਾਥੀ ਬਣਦਾ ਹੈ । ਪਰਮਾਤਮਾ ਦਾ ਨਾਮ ਭੁਲਾ ਕੇ ਮਨੁੱਖ ਬਦਨਾਮੀ ਦਾ ਟਿੱਕਾ ਮੱਥੇ ਉਤੇ ਲਾ ਕੇ ਇਥੋਂ ਤੁਰ ਪੈਂਦਾ ਹੈ, ਪੱਲੇ ਝੂਠ ਹੀ ਹੈ (ਪੱਲੇ ਮਾਇਆ ਦਾ ਮੋਹ ਹੀ ਹੈ, ਇਸ ਵਾਸਤੇ) ਪ੍ਰਭੂ ਦੀ ਹਜ਼ੂਰੀ ਵਿਚ ਖ਼ੁਆਰ ਹੀ ਹੁੰਦਾ ਹੈ ।੧੧।

(ਸਾਰੀ ਉਮਰ) ਕੂੜ ਦਾ ਵਣਜ ਕਰਨ ਵਾਲਾ ਬੰਦਾ ਪਰਮਾਤਮਾ ਦਾ ਨਾਮ ਭੁਲਾ ਕੇ (ਇਥੋਂ ਆਤਮਕ ਗੁਣਾਂ ਵਲੋਂ ਖ਼ਾਲੀ-ਹੱਥ) ਤੁਰ ਪੈਂਦਾ ਹੈ, ਜਨਮ ਮਰਨ ਦੇ ਗੇੜ ਵਿਚ ਪਏ ਦੇ ਸਿਰ ਉਤੇ ਸੁਆਹ ਪੈਂਦੀ ਹੈ (ਫਿਟਕਾਰ ਪੈਂਦੀ ਹੈ) । (ਇਥੋਂ ਗਏ ਨੂੰ) ਪਰਮਾਤਮਾ ਦੇ ਦਰ ਤੇ ਢੋਈ ਨਹੀਂ ਮਿਲਦੀ, (ਜਿਤਨਾ ਚਿਰ) ਜਗਤ ਵਿਚ (ਰਿਹਾ ਇਥੇ) ਭੀ ਸਿਰ ਉਤੇ ਸੱਟਾਂ ਹੀ ਖਾਂਦਾ ਰਿਹਾ ।੧੨।

(ਚੰਗਾ) ਖਾਈਦਾ ਹੈ, (ਚੰਗਾ) ਪਹਿਨੀਦਾ ਹੈ, (ਦੁਨੀਆ ਦੀ) ਮੌਜ ਮਾਣੀਦੀ ਹੈ (ਇਹਨਾਂ ਹੀ ਰੁਝੇਵਿਆਂ ਵਿਚ) ਹਿਰਦਾ ਪਰਮਾਤਮਾ ਦੀ ਭਗਤੀ ਤੋਂ ਸੁੰਞਾ ਰਹਿਣ ਕਰਕੇ ਵਿਅਰਥ ਹੀ ਆਤਮਕ ਮੌਤ ਸਹੇੜ ਲਈਦੀ ਹੈ । ਜੇਹੜਾ ਬੰਦਾ (ਇਸ ਤਰ੍ਹਾਂ ਅੰਨ੍ਹਾ ਹੋ ਕੇ) ਚੰਗੇ ਮੰਦੇ ਸਮੇ ਦੀ ਸੂਝ ਨਹੀਂ ਜਾਣਦਾ, ਉਸ ਨੂੰ ਜਮ ਖ਼ੁਆਰ ਕਰਦਾ ਹੈ, ਤੇ ਉਸ ਦੀ ਕੋਈ ਪੇਸ਼ ਨਹੀਂ ਜਾਂਦੀ ।੧੩।

ਜੇਹੜਾ ਮਨੁੱਖ ਦੁਨੀਆ ਦੀ ਕਿਰਤ-ਕਾਰ ਕਰਦਾ ਹੋਇਆ ਦੁਨੀਆ ਤੋਂ ਉਪਰਾਮ ਰਹਿਣਾ ਜਾਣਦਾ ਹੈ, ਜੇਹੜਾ ਗੁਰੂ ਦੀ ਸੰਗਤਿ ਵਿਚ ਰਹਿ ਕੇ ਗੁਰੂ ਦੇ ਸ਼ਬਦ ਵਿਚ ਜੁੜ ਕੇ ਪਰਮਾਤਮਾ ਨਾਲ ਮਿਲਾਪ-ਅਵਸਥਾ ਨਾਲ ਸਾਂਝ ਪਾਈ ਰੱਖਦਾ ਹੈ, ਜੀਵਨ-ਸਫ਼ਰ ਵਿਚ ਕਿਸੇ ਨੂੰ ਮੰਦਾ ਨਹੀਂ ਆਖੀਦਾ, ਸਦਾ-ਥਿਰ ਪ੍ਰਭੂ ਵਿਚ ਟਿਕਿਆ ਰਹਿੰਦਾ ਹੈ ਉਹ ਸੱਚ ਦਾ ਵਪਾਰੀ ਬੰਦਾ (ਪ੍ਰਭੂ ਦੀ ਹਜ਼ੂਰੀ ਵਿਚ) ਖਰਾ (ਸਿੱਕਾ ਮੰਨਿਆ ਜਾਂਦਾ) ਹੈ ।੧੪।

ਸਦਾ-ਥਿਰ ਪ੍ਰਭੂ ਦੇ ਨਾਮ ਤੋਂ ਬਿਨਾ ਕੋਈ ਮਨੁੱਖ (ਪ੍ਰਭੂ ਦੇ) ਦਰ ਤੇ (ਜ਼ਿੰਦਗੀ ਦੀ ਪੜਤਾਲ ਵਿਚ) ਕਾਮਯਾਬ ਨਹੀਂ ਹੁੰਦਾ । ਸਦਾ-ਥਿਰ ਪ੍ਰਭੂ ਦੀ ਸਿਫ਼ਤਿ-ਸਾਲਾਹ ਦੀ ਬਾਣੀ ਵਿਚ ਜੁੜਿਆਂ ਸਰੋਪਾ ਮਿਲਦਾ ਹੈ ਇੱਜ਼ਤ ਮਿਲਦੀ ਹੈ । (ਪਰ ਜੀਵਾਂ ਦੇ ਕੀਹ ਵੱਸ?) ਜਿਸ ਉਤੇ ਪ੍ਰਭੂ ਆਪ ਹੀ ਬਖ਼ਸ਼ਸ਼ ਕਰਦਾ ਹੈ, ਉਹ ਉਸ ਨੂੰ ਪਿਆਰਾ ਲੱਗਣ ਲੱਗ ਪੈਂਦਾ ਹੈ ਤੇ ਉਹ ਹਉਮੈ ਅਹੰਕਾਰ (ਆਪਣੇ ਅੰਦਰੋਂ) ਦੂਰ ਕਰਦਾ ਹੈ ।੧੫।

ਗੁਰੂ ਦੀ ਮੇਹਰ ਨਾਲ ਹੀ ਮਨੁੱਖ ਪਰਮਾਤਮਾ ਦੇ ਹੁਕਮ ਨੂੰ ਪਛਾਣਦਾ ਹੈ ਤੇ ਜੁਗਾਂ ਜੁਗਾਂਤਰਾਂ ਤੋਂ ਚਲੀ ਆ ਰਹੀ ਉਸ ਵਿਧੀ ਨਾਲ ਸਾਂਝ ਪਾਂਦਾ ਹੈ (ਜਿਸ ਦੀ ਰਾਹੀਂ ਸੰਸਾਰ-ਸਮੁੰਦਰ ਤੋਂ ਸਹੀ-ਸਲਾਮਤ ਪਾਰ ਲੰਘ ਸਕੀਦਾ ਹੈ । ਉਹ ਵਿਧੀ ਹੈ ਪਰਮਾਤਮਾ ਦਾ ਨਾਮ ਸਿਮਰਨਾ) । ਹੇ ਨਾਨਕ! (ਆਖ—ਹੇ ਭਾਈ! ਪਰਮਾਤਮਾ ਦਾ) ਨਾਮ ਜਪੋ (ਨਾਮ ਸਿਮਰਨ ਦੀ) ਤਾਰੀ ਤਰੋ, (ਇਸ ਤਰ੍ਹਾਂ) ਸਦਾ-ਥਿਰ ਪ੍ਰਭੂ ਤੇ ਤਾਰਣ ਦੇ ਸਮਰੱਥ ਪ੍ਰਭੂ (ਸੰਸਾਰ-ਸਮੁੰਦਰ ਵਿਚੋਂ) ਪਾਰ ਲੰਘਾ ਲੈਂਦਾ ਹੈ ।੧੬।੧।੭।

ਮਾਰੂ ਮਹਲਾ ੧ ॥ ਹਰਿ ਸਾ ਮੀਤੁ ਨਾਹੀ ਮੈ ਕੋਈ ॥ ਜਿਨਿ ਤਨੁ ਮਨੁ ਦੀਆ ਸੁਰਤਿ ਸਮੋਈ ॥ ਸਰਬ ਜੀਆ ਪ੍ਰਤਿਪਾਲਿ ਸਮਾਲੇ ਸੋ ਅੰਤਰਿ ਦਾਨਾ ਬੀਨਾ ਹੇ ॥੧॥ ਗੁਰੁ ਸਰਵਰੁ ਹਮ ਹੰਸ ਪਿਆਰੇ ॥ ਸਾਗਰ ਮਹਿ ਰਤਨ ਲਾਲ ਬਹੁ ਸਾਰੇ ॥ ਮੋਤੀ ਮਾਣਕ ਹੀਰਾ ਹਰਿ ਜਸੁ ਗਾਵਤ ਮਨੁ ਤਨੁ ਭੀਨਾ ਹੇ ॥੨॥ ਹਰਿ ਅਗਮ ਅਗਾਹੁ ਅਗਾਧਿ ਨਿਰਾਲਾ ॥ ਹਰਿ ਅੰਤੁ ਨ ਪਾਈਐ ਗੁਰ ਗੋਪਾਲਾ ॥ ਸਤਿਗੁਰ ਮਤਿ ਤਾਰੇ ਤਾਰਣਹਾਰਾ ਮੇਲਿ ਲਏ ਰੰਗਿ ਲੀਨਾ ਹੇ ॥੩॥ ਸਤਿਗੁਰ ਬਾਝਹੁ ਮੁਕਤਿ ਕਿਨੇਹੀ ॥ ਓਹੁ ਆਦਿ ਜੁਗਾਦੀ ਰਾਮ ਸਨੇਹੀ ॥ ਦਰਗਹ ਮੁਕਤਿ ਕਰੇ ਕਰਿ ਕਿਰਪਾ ਬਖਸੇ ਅਵਗੁਣ ਕੀਨਾ ਹੇ ॥੪॥ ਸਤਿਗੁਰੁ ਦਾਤਾ ਮੁਕਤਿ ਕਰਾਏ ॥ ਸਭਿ ਰੋਗ ਗਵਾਏ ਅੰਮ੍ਰਿਤ ਰਸੁ ਪਾਏ ॥ ਜਮੁ ਜਾਗਾਤਿ ਨਾਹੀ ਕਰੁ ਲਾਗੈ ਜਿਸੁ ਅਗਨਿ ਬੁਝੀ ਠਰੁ ਸੀਨਾ ਹੇ ॥੫॥ ਕਾਇਆ ਹੰਸ ਪ੍ਰੀਤਿ ਬਹੁ ਧਾਰੀ ॥ ਓਹੁ ਜੋਗੀ ਪੁਰਖੁ ਓਹ ਸੁੰਦਰਿ ਨਾਰੀ ॥ ਅਹਿਨਿਸਿ ਭੋਗੈ ਚੋਜ ਬਿਨੋਦੀ ਉਠਿ ਚਲਤੈ ਮਤਾ ਨ ਕੀਨਾ ਹੇ ॥੬॥ ਸ੍ਰਿਸਟਿ ਉਪਾਇ ਰਹੇ ਪ੍ਰਭ ਛਾਜੈ ॥ ਪਉਣ ਪਾਣੀ ਬੈਸੰਤਰੁ ਗਾਜੈ ॥ ਮਨੂਆ ਡੋਲੈ ਦੂਤ ਸੰਗਤਿ ਮਿਲਿ ਸੋ ਪਾਏ ਜੋ ਕਿਛੁ ਕੀਨਾ ਹੇ ॥੭॥ ਨਾਮੁ ਵਿਸਾਰਿ ਦੋਖ ਦੁਖ ਸਹੀਐ ॥ ਹੁਕਮੁ ਭਇਆ ਚਲਣਾ ਕਿਉ ਰਹੀਐ ॥ ਨਰਕ ਕੂਪ ਮਹਿ ਗੋਤੇ ਖਾਵੈ ਜਿਉ ਜਲ ਤੇ ਬਾਹਰਿ ਮੀਨਾ ਹੇ ॥੮॥ ਚਉਰਾਸੀਹ ਨਰਕ ਸਾਕਤੁ ਭੋਗਾਈਐ ॥ ਜੈਸਾ ਕੀਚੈ ਤੈਸੋ ਪਾਈਐ ॥ ਸਤਿਗੁਰ ਬਾਝਹੁ ਮੁਕਤਿ ਨ ਹੋਈ ਕਿਰਤਿ ਬਾਧਾ ਗ੍ਰਸਿ ਦੀਨਾ ਹੇ ॥੯॥ ਖੰਡੇ ਧਾਰ ਗਲੀ ਅਤਿ ਭੀੜੀ ॥ ਲੇਖਾ ਲੀਜੈ ਤਿਲ ਜਿਉ ਪੀੜੀ ॥ ਮਾਤ ਪਿਤਾ ਕਲਤ੍ਰ ਸੁਤ ਬੇਲੀ ਨਾਹੀ ਬਿਨੁ ਹਰਿ ਰਸ ਮੁਕਤਿ ਨ ਕੀਨਾ ਹੇ ॥੧੦॥ ਮੀਤ ਸਖੇ ਕੇਤੇ ਜਗ ਮਾਹੀ ॥ ਬਿਨੁ ਗੁਰ ਪਰਮੇਸਰ ਕੋਈ ਨਾਹੀ ॥ ਗੁਰ ਕੀ ਸੇਵਾ ਮੁਕਤਿ ਪਰਾਇਣਿ ਅਨਦਿਨੁ ਕੀਰਤਨੁ ਕੀਨਾ ਹੇ ॥੧੧॥ ਕੂੜੁ ਛੋਡਿ ਸਾਚੇ ਕਉ ਧਾਵਹੁ ॥ ਜੋ ਇਛਹੁ ਸੋਈ ਫਲੁ ਪਾਵਹੁ ॥ ਸਾਚ ਵਖਰ ਕੇ ਵਾਪਾਰੀ ਵਿਰਲੇ ਲੈ ਲਾਹਾ ਸਉਦਾ ਕੀਨਾ ਹੇ ॥੧੨॥ ਹਰਿ ਹਰਿ ਨਾਮੁ ਵਖਰੁ ਲੈ ਚਲਹੁ ॥ ਦਰਸਨੁ ਪਾਵਹੁ ਸਹਜਿ ਮਹਲਹੁ ॥ ਗੁਰਮੁਖਿ ਖੋਜਿ ਲਹਹਿ ਜਨ ਪੂਰੇ ਇਉ ਸਮਦਰਸੀ ਚੀਨਾ ਹੇ ॥੧੩॥ ਪ੍ਰਭ ਬੇਅੰਤ ਗੁਰਮਤਿ ਕੋ ਪਾਵਹਿ ॥ ਗੁਰ ਕੈ ਸਬਦਿ ਮਨ ਕਉ ਸਮਝਾਵਹਿ ॥ ਸਤਿਗੁਰ ਕੀ ਬਾਣੀ ਸਤਿ ਸਤਿ ਕਰਿ ਮਾਨਹੁ ਇਉ ਆਤਮ ਰਾਮੈ ਲੀਨਾ ਹੇ ॥੧੪॥ ਨਾਰਦ ਸਾਰਦ ਸੇਵਕ ਤੇਰੇ ॥ ਤ੍ਰਿਭਵਣਿ ਸੇਵਕ ਵਡਹੁ ਵਡੇਰੇ ॥ ਸਭ ਤੇਰੀ ਕੁਦਰਤਿ ਤੂ ਸਿਰਿ ਸਿਰਿ ਦਾਤਾ ਸਭੁ ਤੇਰੋ ਕਾਰਣੁ ਕੀਨਾ ਹੇ ॥੧੫॥ ਇਕਿ ਦਰਿ ਸੇਵਹਿ ਦਰਦੁ ਵਞਾਏ ॥ ਓਇ ਦਰਗਹ ਪੈਧੇ ਸਤਿਗੁਰੂ ਛਡਾਏ ॥ ਹਉਮੈ ਬੰਧਨ ਸਤਿਗੁਰਿ ਤੋੜੇ ਚਿਤੁ ਚੰਚਲੁ ਚਲਣਿ ਨ ਦੀਨਾ ਹੇ ॥੧੬॥ ਸਤਿਗੁਰ ਮਿਲਹੁ ਚੀਨਹੁ ਬਿਧਿ ਸਾਈ ॥ ਜਿਤੁ ਪ੍ਰਭੁ ਪਾਵਹੁ ਗਣਤ ਨ ਕਾਈ ॥ ਹਉਮੈ ਮਾਰਿ ਕਰਹੁ ਗੁਰ ਸੇਵਾ ਜਨ ਨਾਨਕ ਹਰਿ ਰੰਗਿ ਭੀਨਾ ਹੇ ॥੧੭॥੨॥੮॥ {ਪੰਨਾ ੧੦੨੭-੧੦੨੮}

ਪਦ ਅਰਥ :—ਸਾ—ਵਰਗਾ । ਜਿਨਿ—ਜਿਸ (ਪ੍ਰਭੂ) ਨੇ । ਸੁਰਤਿ—ਸੂਝ । ਸਮੋਈ—ਟਿਕਾ ਦਿੱਤਾ ਹੈ । ਸਮਾਲੇ—ਸੰਭਾਲ ਕਰਦਾ ਹੈ । ਦਾਨਾ—ਦਿਲ ਦੀ ਜਾਣਨ ਵਾਲਾ । ਬੀਨਾ—ਵੇਖਣ ਵਾਲਾ ।੧।

ਹੰਸ ਪਿਆਰੇ—ਪਿਆਰੇ ਦੇ ਹੰਸ । ਸਾਗਰ—ਸਮੁੰਦਰ । ਭੀਨਾ—ਖ਼ੁਸ਼ ਹੁੰਦਾ ਹੈ ।੨।

ਅਗਾਹੁ—ਅਥਾਹ । ਰੰਗਿ—ਰੰਗ ਵਿਚ, ਪ੍ਰੇਮ ਵਿਚ ।੩।

ਕਿਨੇਹੀ—ਕਿਹੋ ਜਿਹੀ ! ਸਨੇਹੀ—ਪਿਆਰ ਕਰਨ ਵਾਲਾ ।੪।

ਜਾਗਾਤਿ—ਮਸੂਲੀਆ । ਕਰੁ—ਮਸੂਲ । ਠਰੁ—ਠੰਢਾ, ਠਰਿਆ ਹੋਇਆ ।੫।

ਕਾਇਆ—ਸਰੀਰ । ਹੰਸ—ਜੀਵਾਤਮਾ । ਓਹੁ ਜੋਗੀ—ਉਹ ਜੀਵਾਤਮਾ ਜੋਗੀ ਵਾਂਗ ਫੇਰੀ ਪਾ ਕੇ ਚਲੇ ਜਾਣ ਵਾਲਾ । ਅਹਿ—ਦਿਨ । ਨਿਸਿ—ਰਾਤ । ਬਿਨੋਦੀ—ਰੰਗ ਰਲੀਆਂ ਮਾਣਨ ਵਾਲਾ ।੬।

ਛਾਜੈ—ਉਪਰ ਸਾਇਆ ਕਰ ਰਿਹਾ ਹੈ, ਰੱਖਿਆ ਕਰ ਰਿਹਾ ਹੈ । ਗਾਜੈ—ਗੱਜਦਾ ਹੈ । ਬੈਸੰਤਰੁ—ਅੱਗ । ਦੂਤ—ਕਾਮਾਦਿਕ ਵੈਰੀ । ਪਾਏ—ਭੁਗਤਦਾ ਹੈ । ਕੀਨਾ—(ਆਪਣਾ) ਕੀਤਾ ।੭।

ਕੂਪ—ਖੂਹ । ਮੀਨਾ—ਮੱਛੀ ।੮।

ਸਾਕਤੁ—ਮਾਇਆ-ਵੇੜ੍ਹਿਆ ਜੀਵ । ਚਉਰਾਸੀਹ ਨਰਕ—ਚੁਰਾਸੀ ਲੱਖ ਜੂਨਾਂ-ਰੂਪ ਨਰਕ । ਕਿਰਤਿ ਬਾਧਾ—ਆਪਣੇ ਕੀਤੇ ਕਰਮਾਂ ਦਾ ਬੱਧਾ ਹੋਇਆ ।੯।

ਕਲਤ੍ਰ—ਇਸਤ੍ਰੀ । ਸੁਤ—ਪੁੱਤਰ ।੧੦।

ਕੇਤੇ—ਕਿਤਨੇ ਹੀ । ਪਰਾਇਣਿ—ਆਸਰਾ । ਅਨਦਿਨੁ—ਹਰ ਰੋਜ਼ ।੧੧।

ਸਾਚ—ਸਦਾ-ਥਿਰ ਰਹਿਣ ਵਾਲਾ । ਲਾਹਾ—ਲਾਭ ।੧੨।

ਸਹਜਿ—ਆਤਮਕ ਅਡੋਲਤਾ ਵਿਚ । ਸਮ ਦਰਸੀ—ਇਕੋ (ਪਿਆਰ ਦੀ) ਨਿਗਾਹ ਨਾਲ ਵੇਖਣ ਵਾਲਾ ।੧੩।

ਕੋ—ਕੋਈ ਵਿਰਲੇ । ਆਤਮਰਾਮੈ—ਆਤਮਰਾਮ ਵਿਚ, ਸਰਬ-ਵਿਆਪਕ ਹਰੀ ਵਿਚ ।੧੪।

ਸਾਰਦ—ਸਾਰਦਾ, ਸਰਸ੍ਵਤੀ ਦੇਵੀ । ਤ੍ਰਿਭਵਣਿ—ਤਿੰਨਾਂ ਭਵਨਾਂ ਵਾਲੇ ਜਗਤ ਵਿਚ । ਸਿਰਿ ਸਿਰਿ—ਹਰੇਕ ਜੀਵ ਦੇ ਸਿਰ ਉਤੇ । ਕਾਰਣੁ—ਜਗਤ ।੧੫।

ਦਰਿ—ਪ੍ਰਭੂ ਦੇ ਦਰ ਤੇ । ਇਕਿ—ਅਨੇਕਾਂ ਜੀਵ । ਵਞਾਏ—ਵਞਾਇ, ਦੂਰ ਕਰ ਕੇ । ਓਇ—ਉਹ ਬੰਦੇ । ਪੈਧੇ—ਆਦਰ ਪਾਂਦੇ ਹਨ । ਸਤਿਗੁਰਿ—ਸਤਿਗੁਰੂ ਨੇ । ਚਲਣਿ ਨ ਦੀਨਾ—ਭਟਕਣ ਨਹੀਂ ਦਿੱਤਾ ।੧੬।

ਚੀਨਹੁ—ਵੇਖ ਲਵੋ । ਬਿਧਿ—ਤਰੀਕਾ । ਜਿਤੁ—ਜਿਸ ਤਰੀਕੇ ਦੀ ਰਾਹੀਂ । ਗਣਤ—ਲੇਖਾ । ਹਰਿ ਰੰਗਿ—ਪ੍ਰਭੂ ਦੇ ਪ੍ਰੇਮ-ਰੰਗ ਵਿਚ ।੧੭।

ਅਰਥ :— ਮੈਨੂੰ ਪਰਮਾਤਮਾ ਵਰਗਾ ਹੋਰ ਕੋਈ ਮਿੱਤਰ ਨਹੀਂ ਦਿੱਸਦਾ, (ਪਰਮਾਤਮਾ ਹੀ ਹੈ) ਜਿਸ ਨੇ ਮੈਨੂੰ ਇਹ ਸਰੀਰ ਦਿੱਤਾ ਇਹ (ਮਨ) ਜਿੰਦ ਦਿੱਤੀ ਤੇ ਮੇਰੇ ਅੰਦਰਿ ਸੁਰਤਿ ਟਿਕਾ ਦਿੱਤੀ । (ਉਹ ਸਿਰਫ਼ ਪ੍ਰਭੂ ਹੀ ਹੈ ਜੋ) ਸਾਰੇ ਜੀਵਾਂ ਦੀ ਪਾਲਨਾ ਕਰ ਕੇ ਸਭ ਦੀ ਸੰਭਾਲ ਕਰਦਾ ਹੈ, ਉਹ ਸਭ ਜੀਵਾਂ ਦੇ ਅੰਦਰ ਮੌਜੂਦ ਹੈ, ਸਭ ਦੇ ਦਿਲ ਦੀ ਜਾਣਦਾ ਹੈ, ਸਭ ਦੇ ਕੀਤੇ ਕਰਮਾਂ ਨੂੰ ਵੇਖਦਾ ਹੈ ।੧।

(ਪਰ ਉਹ ਮਿੱਤਰ-ਪ੍ਰਭੂ ਗੁਰੂ ਦੀ ਸਰਨ ਪਿਆਂ ਮਿਲਦਾ ਹੈ) ਗੁਰੂ ਸਰੋਵਰ ਹੈ, ਅਸੀ ਜੀਵ ਉਸ ਪਿਆਰੇ (ਸਰੋਵਰ) ਦੇ ਹੰਸ ਹਾਂ (ਗੁਰੂ ਦੇ ਹੋ ਕੇ ਰਹਿਣ ਵਾਲੇ ਹੰਸਾਂ ਨੂੰ ਗੁਰੂ-ਮਾਨਸਰੋਵਰ ਵਿਚੋਂ ਮੋਤੀ ਮਿਲਦੇ ਹਨ) । (ਗੁਰੂ ਸਮੁੰਦਰ ਹੈ) ਉਸ ਸਮੁੰਦਰ ਵਿਚ (ਪਰਮਾਤਮਾ ਦੀ ਸਿਫ਼ਤਿ-ਸਾਲਾਹ ਦੇ) ਰਤਨ ਹਨ, ਲਾਲ ਹਨ, ਮੋਤੀ ਮਾਣਕ ਹਨ, ਹੀਰੇ ਹਨ । (ਗੁਰੂ-ਸਮੁੰਦਰ ਵਿਚ ਟਿਕ ਕੇ) ਪਰਮਾਤਮਾ ਦੇ ਗੁਣ ਗਾਵਿਆਂ ਮਨ (ਹਰੀ ਦੇ ਪ੍ਰੇਮ-ਰੰਗ ਵਿਚ) ਭਿੱਜ ਜਾਂਦਾ ਹੈ, ਸਰੀਰ (ਭੀ) ਭਿੱਜ ਜਾਂਦਾ ਹੈ ।੨।

(ਸਭ ਜੀਵਾਂ ਵਿਚ ਵਿਆਪਕ ਹੁੰਦਿਆਂ ਭੀ) ਪਰਮਾਤਮਾ ਜੀਵਾਂ ਦੀ ਪਹੁੰਚ ਤੋਂ ਪਰੇ ਹੈ, ਅਥਾਹ ਹੈ, ਉਸ ਦੇ ਗੁਣਾਂ (ਦੇ ਸਮੁੰਦਰ) ਦੀ ਹਾਥ ਨਹੀਂ ਲੱਭਦੀ, ਉਹ ਨਿਰਲੇਪ ਹੈ । ਸ੍ਰਿਸ਼ਟੀ ਦੇ ਰਾਖੇ, ਸਭ ਤੋਂ ਵੱਡੇ ਹਰੀ ਦੇ ਗੁਣਾਂ ਦਾ ਅੰਤ ਨਹੀਂ ਪਾਇਆ ਜਾ ਸਕਦਾ । ਸਭ ਜੀਵਾਂ ਨੂੰ ਸੰਸਾਰ-ਸਮੁੰਦਰ ਤੋਂ ਪਾਰ ਲੰਘਾਣ ਦੇ ਸਮਰੱਥ ਪ੍ਰਭੂ ਸਤਿਗੁਰੂ ਦੀ ਮਤਿ ਦੇ ਕੇ ਪਾਰ ਲੰਘਾ ਲੈਂਦਾ ਹੈ । ਜਿਸ ਜੀਵ ਨੂੰ ਉਹ ਆਪਣੇ ਚਰਨਾਂ ਵਿਚ ਜੋੜਦਾ ਹੈ ਉਹ ਉਸ ਦੇ ਪ੍ਰੇਮ-ਰੰਗ ਵਿਚ ਲੀਨ ਹੋ ਜਾਂਦਾ ਹੈ ।੩।

ਉਹ ਪਰਮਾਤਮਾ ਸਾਰੇ ਜਗਤ ਦਾ ਮੂਲ ਹੈ, ਜੁਗਾਂ ਦੇ ਸ਼ੁਰੂ ਤੋਂ ਹੈ, ਸਭ ਵਿਚ ਵਿਆਪਕ ਤੇ ਸਭ ਨਾਲ ਪਿਆਰ ਕਰਨ ਵਾਲਾ ਹੈ (ਉਹ ਆਪ ਹੀ ਗੁਰੂ ਮਿਲਾਂਦਾ ਹੈ), ਗੁਰੂ ਨੂੰ ਮਿਲਣ ਤੋਂ ਬਿਨਾ (ਮਾਇਆ ਦੇ ਮੋਹ-ਸਮੁੰਦਰ ਤੋਂ) ਖ਼ਲਾਸੀ ਨਹੀਂ ਮਿਲਦੀ । ਉਹ ਪਰਮਾਤਮਾ ਮੇਹਰ ਕਰ ਕੇ ਸਾਡੇ ਕੀਤੇ ਔਗੁਣਾਂ ਨੂੰ ਬਖ਼ਸ਼ਦਾ ਹੈ, ਸਾਨੂੰ ਔਗੁਣਾਂ ਤੋਂ ਖ਼ਲਾਸੀ ਦੇਂਦਾ ਹੈ ਤੇ ਆਪਣੀ ਹਜ਼ੂਰੀ ਵਿਚ ਰੱਖਦਾ ਹੈ ।੪।

(ਪਰਮਾਤਮਾ ਦੀ ਮੇਹਰ ਨਾਲ ਮਿਲਿਆ ਹੋਇਆ) ਸਤਿਗੁਰੂ ਆਤਮਕ ਜੀਵਨ ਦੇ ਗੁਣਾਂ ਦੀ ਦਾਤਿ ਕਰਦਾ ਹੈ, ਵਿਕਾਰਾਂ ਤੋਂ ਬਚਾਂਦਾ ਹੈ, ਸਾਡੇ ਹਿਰਦੇ ਵਿਚ ਨਾਮ-ਅੰਮ੍ਰਿਤ ਦਾ ਰਸ ਪਾ ਕੇ ਸਾਡੇ ਰੋਗ ਦੂਰ ਕਰਦਾ ਹੈ । (ਗੁਰੂ ਦੀ ਕਿਰਪਾ ਨਾਲ) ਜਿਸ ਮਨੁੱਖ ਦੀ ਤ੍ਰਿਸ਼ਨਾ-ਅੱਗ ਬੁੱਝ ਜਾਂਦੀ ਹੈ ਜਿਸ ਦੀ ਛਾਤੀ (ਨਾਮ ਦੀ ਠੰਢ ਨਾਲ) ਠੰਢੀ-ਠਾਰ ਹੋ ਜਾਂਦੀ ਹੈ, ਜਮ ਮਸੂਲੀਆ ਉਸ ਦੇ ਨੇੜੇ ਨਹੀਂ ਢੁਕਦਾ, ਉਸ ਨੂੰ (ਜਮ ਦਾ) ਮਸੂਲ ਨਹੀਂ ਦੇਣਾ ਪੈਂਦਾ (ਕਿਉਂਕਿ ਉਸ ਨੇ ਗੁਰੂ ਦੀ ਕਿਰਪਾ ਨਾਲ ਸਿਮਰਨ ਤੋਂ ਬਿਨਾ ਕੋਈ ਹੋਰ ਮਾਇਕ ਵੱਖਰ ਆਪਣੇ ਜੀਵਨ-ਬੇੜੇ ਵਿਚ ਲੱਦਿਆ ਹੀ ਨਹੀਂ) ।੫।

ਇਹ ਜੀਵਾਤਮਾ (ਮਾਨੋ) ਇਕ ਜੋਗੀ ਹੈ (ਜੋ ਜੋਗੀ ਵਾਲੀ ਫੇਰੀ ਪਾ ਕੇ ਜਗਤ ਤੋਂ ਚਲਾ ਜਾਂਦਾ ਹੈ) ਇਹ ਕਾਂਇਆਂ (ਮਾਨੋ) ਇਕ ਸੁੰਦਰ ਇਸਤ੍ਰੀ ਹੈ (ਪਰ ਜਗਤ ਵਿਚ ਆ ਕੇ) ਪੰਛੀ ਜੀਵਾਤਮਾ ਕਾਇਆ-ਨਾਰ ਨਾਲ ਬੜੀ ਪ੍ਰੀਤ ਬਣਾ ਲੈਂਦਾ ਹੈ । ਰੰਗ-ਰਲੀਆਂ ਵਿਚ ਮਸਤ ਜੋਗੀ-ਜੀਵਤਮਾ ਦਿਨ ਰਾਤ ਕਾਂਇਆਂ ਨੂੰ ਭੋਗਦਾ ਹੈ (ਦਰਗਾਹੋਂ ਸੱਦਾ ਆਉਣ ਤੇ) ਤੁਰਨ ਵੇਲੇ (ਜੋਗੀ-ਜੀਵ ਕਾਇਆ-ਨਾਰ ਨਾਲ) ਸਲਾਹ ਭੀ ਨਹੀਂ ਕਰਦਾ ।੬।

ਜਗਤ ਪੈਦਾ ਕਰ ਕੇ ਪ੍ਰਭੂ ਸਭ ਜੀਵਾਂ ਦੀ ਰੱਖਿਆ ਕਰਦਾ ਹੈ, ਹਵਾ ਪਾਣੀ ਅੱਗ (ਆਦਿਕ ਸਭ ਤੱਤਾਂ ਤੋਂ ਸਰੀਰ ਰਚ ਕੇ ਸਭ ਦੇ ਅੰਦਰ) ਪਰਗਟ ਰਹਿੰਦਾ ਹੈ, (ਪਰ ਉਸ ਰੱਖਣਹਾਰ ਪ੍ਰਭੂ ਨੂੰ ਭੁਲਾ ਕੇ) ਮੂਰਖ ਮਨ ਕਾਮਾਦਿਕ ਵੈਰੀਆਂ ਦੀ ਸੰਗਤਿ ਵਿਚ ਰਲ ਕੇ ਭਟਕਦਾ ਹੈ, ਤੇ ਆਪਣੇ ਕੀਤੇ ਦਾ ਫਲ ਪਾਂਦਾ ਰਹਿੰਦਾ ਹੈ ।੭।

ਪਰਮਾਤਮਾ ਦਾ ਨਾਮ ਭੁਲਾ ਕੇ ਦੋਖਾਂ (ਵਿਕਾਰਾਂ) ਵਿਚ ਫਸ ਜਾਈਦਾ ਹੈ ਦੁੱਖ ਸਹਾਰਨੇ ਪੈਂਦੇ ਹਨ । ਜਦੋਂ ਪ੍ਰਭੂ ਦਾ ਹੁਕਮ (ਸੱਦਾ) ਆਉਂਦਾ ਹੈ, ਇਥੋਂ ਤੁਰਨਾ ਪੈ ਜਾਂਦਾ ਹੈ, ਫਿਰ ਇਥੇ ਰਹਿ ਸਕੀਦਾ ਹੀ ਨਹੀਂ । (ਪਰਮਾਤਮਾ ਦੀ ਯਾਦ ਤੋਂ ਖੁੰਝ ਕੇ ਸਾਰੀ ਉਮਰ) ਨਰਕਾਂ ਦੇ ਖੂਹ ਵਿਚ ਗੋਤੇ ਖਾਂਦਾ ਰਹਿੰਦਾ ਹੈ (ਇਉਂ ਤੜਫਦਾ ਰਹਿੰਦਾ ਹੈ) ਜਿਵੇਂ ਪਾਣੀ ਤੋਂ ਬਾਹਰ ਨਿਕਲ ਕੇ ਮੱਛੀ (ਤੜਫਦੀ ਹੈ) ।੮।

ਮਾਇਆ-ਵੇੜ੍ਹਿਆ ਜੀਵ (ਪਰਮਾਤਮਾ ਨੂੰ ਭੁਲਾ ਕੇ) ਚੁਰਾਸੀ ਲੱਖ ਜੂਨਾਂ ਦੇ ਗੇੜ ਦੇ ਦੁੱਖ ਭੋਗਦਾ ਹੈ, (ਸਿਰਜਣਹਾਰ ਦੀ ਰਜ਼ਾ ਦਾ ਨਿਯਮ ਹੀ ਐਸਾ ਹੈ ਕਿ) ਜਿਹੋ ਜਿਹਾ ਕਰਮ ਕਰੀਦਾ ਹੈ ਤਿਹੋ ਜਿਹਾ ਫਲ ਭੋਗੀਦਾ ਹੈ । ਗੁਰੂ ਦੀ ਸਰਨ ਪੈਣ ਤੋਂ ਬਿਨਾ (ਚੁਰਾਸੀ ਦੇ ਗੇੜ ਵਿਚੋਂ) ਖ਼ਲਾਸੀ ਨਹੀਂ ਹੁੰਦੀ, ਆਪਣੇ ਕੀਤੇ ਕਰਮਾਂ ਦਾ ਬੱਝਾ ਜੀਵ ਉਸ ਗੇੜ ਵਿਚ ਫਸਿਆ ਰਹਿੰਦਾ ਹੈ ।੯।

(ਇਸ ਵਿਕਾਰ-ਭਰੇ ਜਗਤ ਵਿਚ ਸਹੀ ਇਨਸਾਨੀ ਜੀਵਨ ਦਾ ਰਸਤਾ, ਮਾਨੋ,) ਇਕ ਬੜੀ ਹੀ ਤੰਗ ਗਲੀ (ਵਿਚੋਂ ਦੀ ਲੰਘਦਾ ਹੈ ਜਿਥੇ ਬੜਾ ਹੀ ਸੰਕੋਚ ਕਰ ਕੇ ਤੁਰਨਾ ਪੈਂਦਾ) ਹੈ (ਉਹ ਰਸਤਾ, ਮਾਨੋ,) ਖੰਡੇ ਦੀ ਧਾਰ (ਵਰਗਾ ਤ੍ਰਿੱਖਾ) ਹੈ (ਜਿਸ ਉਤੋਂ ਲੰਘਦਿਆਂ ਰਤਾ ਭਰ ਭੀ ਡੋਲਿਆਂ ਵਿਕਾਰਾਂ ਦੇ ਸਮੁੰਦਰ ਵਿਚ ਡਿੱਗ ਪਈਦਾ ਹੈ) । ਕੀਤੇ ਕਰਮਾਂ ਦਾ ਹਿਸਾਬ ਭੀ ਮੁਕਾਣਾ ਪੈਂਦਾ ਹੈ (ਭਾਵ, ਜਦ ਤਕ ਮਨ ਵਿਚ ਵਿਕਾਰਾਂ ਦੇ ਸੰਸਕਾਰ ਮੌਜੂਦ ਹਨ, ਤਦ ਤਕ ਵਿਕਾਰਾਂ ਤੋਂ ਖ਼ਲਾਸੀ ਨਹੀਂ ਮਿਲਦੀ) ਜਿਵੇਂ ਤਿਲਾਂ ਨੂੰ (ਕੋਲ੍ਹੂ ਵਿਚ) ਪੀੜਿਆਂ ਹੀ ਤੇਲ ਨਿਕਲਦਾ ਹੈ (ਤਿਵੇਂ ਦੁੱਖ ਦੇ ਕੋਲ੍ਹੂ ਵਿਚ ਪੈ ਕੇ ਵਿਕਾਰਾਂ ਤੋਂ ਖ਼ਲਾਸੀ ਮਿਲਦੀ ਹੈ) । ਇਸ ਦੁੱਖ ਵਿਚ ਮਾਂ ਪਿਉ ਵਹੁਟੀ ਪੁੱਤਰ ਕੋਈ ਭੀ ਸਹਾਈ ਨਹੀਂ ਹੋ ਸਕਦਾ । ਪਰਮਾਤਮਾ ਦੇ ਨਾਮ-ਰਸ ਦੀ ਪ੍ਰਾਪਤੀ ਤੋਂ ਬਿਨਾ (ਵਿਕਾਰਾਂ ਤੋਂ) ਖ਼ਲਾਸੀ ਨਹੀਂ ਹੁੰਦੀ ।੧੦।

ਜਗਤ ਵਿਚ (ਭਾਵੇਂ) ਅਨੇਕਾਂ ਹੀ ਮਿੱਤਰ ਸਾਥੀ (ਬਣਾ ਲਈਏ), ਪਰ ਗੁਰੂ ਤੋਂ ਬਿਨਾ ਪਰਮਾਤਮਾ ਤੋਂ ਬਿਨਾ (ਵਿਕਾਰਾਂ ਦੇ ਸਮੁੰਦਰ ਵਿਚ ਡੁੱਬਦੇ ਜੀਵ ਦਾ) ਕੋਈ ਮਦਦਗਾਰ ਨਹੀਂ ਬਣਦਾ । ਗੁਰੂ ਦੀ ਦੱਸੀ ਸੇਵਾ ਹੀ (ਵਿਕਾਰਾਂ ਤੋਂ) ਖ਼ਲਾਸੀ ਦਾ ਆਸਰਾ ਬਣਦਾ ਹੈ । (ਜੇਹੜਾ ਬੰਦਾ) ਹਰ ਵੇਲੇ ਪ੍ਰਭੂ ਦੀ ਸਿਫ਼ਤਿ-ਸਾਲਾਹ ਕਰਦਾ ਹੈ (ਉਹ ਵਿਕਾਰਾਂ ਤੋਂ ਸੁਤੰਤਰ ਹੋ ਜਾਂਦਾ ਹੈ) ।੧੧।

(ਹੇ ਭਾਈ!) ਮਾਇਆ ਦਾ ਮੋਹ ਛੱਡ ਕੇ ਸਦਾ-ਥਿਰ ਰਹਿਣ ਵਾਲੇ ਪ੍ਰਭੂ ਨੂੰ ਮਿਲਣ ਦਾ ਉੱਦਮ ਕਰੋ (ਮਾਇਆ ਵਲੋਂ ਭੀ ਤਰਸੇਵਾਂ ਨਹੀਂ ਰਹੇਗਾ), ਜੋ ਕੁਝ (ਪ੍ਰਭੂ-ਦਰ ਤੋਂ) ਮੰਗੋਗੇ ਉਹੀ ਮਿਲ ਜਾਇਗਾ । (ਪਰ ਮਾਇਆ ਇਤਨੀ ਪ੍ਰਬਲ ਹੈ ਕਿ) ਸਦਾ ਕਾਇਮ-ਰਹਿਣ ਵਾਲੇ ਨਾਮ-ਵੱਖਰ ਦੇ ਵਣਜਣ ਵਾਲੇ (ਜਗਤ ਵਿਚ) ਕੋਈ ਵਿਰਲੇ ਹੀ ਹੁੰਦੇ ਹਨ । ਜੇਹੜਾ ਮਨੁੱਖ ਇਹ ਵਣਜ ਕਰਦਾ ਹੈ ਉਹ (ਉੱਚੀ ਆਤਮਕ ਅਵਸਥਾ ਦਾ) ਲਾਭ ਖੱਟ ਲੈਂਦਾ ਹੈ ।੧੨।

(ਹੇ ਭਾਈ!) ਪਰਮਾਤਮਾ ਦੇ ਨਾਮ ਦਾ ਸੌਦਾ (ਇਥੋਂ) ਖ਼ਰੀਦ ਕੇ ਤੁਰੋ, ਪਰਮਾਤਮਾ ਦਾ ਦਰਸ਼ਨ ਪਾਵੋਗੇ, ਉਸ ਦੀ ਦਰਗਾਹ ਤੋਂ (ਉਹ ਦਾਤਿ ਮਿਲੇਗੀ ਜਿਸ ਦੀ ਬਰਕਤਿ ਨਾਲ) ਅਡੋਲ ਆਤਮਕ ਅਵਸਥਾ ਵਿਚ ਟਿਕੇ ਰਹੋਗੇ । ਜੇਹੜੇ ਮਨੁੱਖ ਗੁਰੂ ਦੀ ਸਰਨ ਪੈਂਦੇ ਹਨ, ਉਹ ਬੰਦੇ (ਆਤਮਕ ਗੁਣਾਂ ਵਿਚ) ਪੂਰਨ (ਹੋ ਕੇ ਪ੍ਰਭੂ ਦਾ ਨਾਮ-ਵੱਖਰ) ਹਾਸਲ ਕਰ ਲੈਂਦੇ ਹਨ, ਤੇ ਇਸ ਤਰ੍ਹਾਂ ਸਭ ਨਾਲ ਪਿਆਰ ਕਰਨ ਵਾਲੇ ਪਰਮਾਤਮਾ ਨੂੰ (ਆਪਣੇ ਅੰਦਰ ਵੱਸਦਾ ਹੀ) ਪਛਾਣ ਲੈਂਦੇ ਹਨ ।੧੩।

ਕੋਈ ਵਿਰਲੇ (ਭਾਗਾਂ ਵਾਲੇ) ਬੰਦੇ ਗੁਰੂ ਦੀ ਮਤਿ ਲੈ ਕੇ ਬੇਅੰਤ ਗੁਣਾਂ ਦੇ ਮਾਲਕ ਪਰਮਾਤਮਾ ਨੂੰ ਲੱਭ ਲੈਂਦੇ ਹਨ, ਗੁਰੂ ਦੇ ਸ਼ਬਦ ਵਿਚ ਜੁੜ ਕੇ (ਆਪਣੇ) ਮਨ ਨੂੰ (ਵਿਕਾਰਾਂ ਵਲ ਦੌੜਨ ਤੋਂ ਹਟਣ ਲਈ) ਸਮਝਾਂਦੇ ਹਨ । ਹੇ ਭਾਈ! ਸਤਿਗੁਰੂ ਦੀ ਬਾਣੀ ਵਿਚ ਪੂਰਨ ਸਰਧਾ ਬਣਾਵੋ । ਇਸ ਤਰ੍ਹਾਂ (ਭਾਵ, ਗੁਰੂ ਦੀ ਬਾਣੀ ਵਿਚ ਸਰਧਾ ਬਣਾਇਆਂ) ਸਰਬ-ਵਿਆਪਕ ਪਰਮਾਤਮਾ ਵਿਚ ਲੀਨ ਹੋ ਜਾਈਦਾ ਹੈ (ਤੇ ਵਿਕਾਰਾਂ ਵਲ ਦੀ ਭਟਕਣਾ ਮੁੱਕ ਜਾਂਦੀ ਹੈ) ।੧੪।

ਹੇ ਪ੍ਰਭੂ! ਨਾਰਦ (ਆਦਿਕ ਵੱਡੇ ਵੱਡੇ ਰਿਸ਼ੀ) ਤੇ ਸਾਰਦਾ (ਵਰਗੀਆਂ ਬੇਅੰਤ ਦੇਵੀਆਂ) ਸਭ ਤੇਰੇ (ਹੀ ਦਰ ਦੇ) ਸੇਵਕ ਹਨ, ਇਸ ਤ੍ਰਿਭਵਨੀ ਸੰਸਾਰ ਵਿਚ ਵੱਡੇ ਤੋਂ ਵੱਡੇ ਅਖਵਾਣ ਵਾਲੇ ਭੀ ਤੇਰੇ ਦਰ ਦੇ ਸੇਵਕ ਹਨ । ਇਹ ਸਾਰੀ ਰਚਨਾ ਤੇਰੀ ਹੀ ਰਚੀ ਹੋਈ ਹੈ, ਇਹ ਸਾਰਾ ਸੰਸਾਰ ਤੇਰਾ ਹੀ ਬਣਾਇਆ ਹੋਇਆ ਹੈ । ਤੂੰ ਹਰੇਕ ਜੀਵ ਦੇ ਸਿਰ ਉਤੇ ਰਾਜ਼ਕ ਹੈਂ ।੧੫।

ਅਨੇਕਾਂ ਹੀ ਜੀਵ (ਤੇਰੇ ਨਾਮ ਦੀ ਬਰਕਤਿ ਨਾਲ ਆਪਣਾ) ਦੁੱਖ ਦਰਦ ਦੂਰ ਕਰ ਕੇ ਤੇਰੇ ਦਰ ਤੇ ਤੇਰੀ ਸੇਵਾ-ਭਗਤੀ ਕਰਦੇ ਹਨ । ਜਿਨ੍ਹਾਂ ਨੂੰ ਸਤਿਗੁਰੂ (ਵਿਕਾਰਾਂ ਦੇ ਪੰਜੇ ਤੋਂ) ਛੁਡਾ ਲੈਂਦਾ ਹੈ ਉਹਨਾਂ ਨੂੰ ਪਰਮਾਤਮਾ ਦੀ ਦਰਗਾਹ ਵਿਚ ਆਦਰ-ਸਤਕਾਰ ਮਿਲਦਾ ਹੈ । ਜਿਨ੍ਹਾਂ (ਵਡ-ਭਾਗੀਆਂ) ਦੇ ਹਉਮੈ ਦੇ ਬੰਧਨ ਸਤਿਗੁਰੂ ਨੇ ਤੋੜ ਦਿੱਤੇ, ਉਹਨਾਂ ਦੇ ਚੰਚਲ ਮਨ ਨੂੰ ਗੁਰੂ ਨੇ (ਵਿਕਾਰਾਂ ਵਲ) ਭਟਕਣ ਨਹੀਂ ਦਿੱਤਾ ।੧੬।

ਹੇ ਭਾਈ! ਤੁਸੀ ਗੁਰੂ ਨੂੰ ਮਿਲੋ, ਤੇ (ਗੁਰੂ ਪਾਸੋਂ) ਉਹ ਢੰਗ ਸਿੱਖ ਲਵੋ ਜਿਸ ਦੀ ਸਹਾਇਤਾ ਨਾਲ ਪਰਮਾਤਮਾ ਨੂੰ ਮਿਲ ਸਕੋ, ਤੇ ਕਰਮਾਂ ਦਾ ਲੇਖਾ ਭੀ ਕੋਈ ਨਾਹ ਰਹਿ ਜਾਏ । ਆਪਣੀ ਹਉਮੈ ਮਾਰ ਕੇ ਗੁਰੂ ਦੀ ਦੱਸੀ ਸੇਵਾ ਕਰੋ ।

ਹੇ ਦਾਸ ਨਾਨਕ! (ਜੇਹੜਾ ਮਨੁੱਖ ਗੁਰੂ ਦੀ ਦੱਸੀ ਕਾਰ ਕਰਦਾ ਹੈ) ਉਹ ਪਰਮਾਤਮਾ ਦੇ ਪ੍ਰੇਮ-ਰੰਗ ਵਿਚ ਭਿੱਜ ਜਾਂਦਾ ਹੈ ।੧੭।੨।੮।

ਮਾਰੂ ਮਹਲਾ ੧ ॥ ਅਸੁਰ ਸਘਾਰਣ ਰਾਮੁ ਹਮਾਰਾ ॥ ਘਟਿ ਘਟਿ ਰਮਈਆ ਰਾਮੁ ਪਿਆਰਾ ॥ ਨਾਲੇ ਅਲਖੁ ਨ ਲਖੀਐ ਮੂਲੇ ਗੁਰਮੁਖਿ ਲਿਖੁ ਵੀਚਾਰਾ ਹੇ ॥੧॥ ਗੁਰਮੁਖਿ ਸਾਧੂ ਸਰਣਿ ਤੁਮਾਰੀ ॥ ਕਰਿ ਕਿਰਪਾ ਪ੍ਰਭਿ ਪਾਰਿ ਉਤਾਰੀ ॥ ਅਗਨਿ ਪਾਣੀ ਸਾਗਰੁ ਅਤਿ ਗਹਰਾ ਗੁਰੁ ਸਤਿਗੁਰੁ ਪਾਰਿ ਉਤਾਰਾ ਹੇ ॥੨॥ ਮਨਮੁਖ ਅੰਧੁਲੇ ਸੋਝੀ ਨਾਹੀ ॥ ਆਵਹਿ ਜਾਹਿ ਮਰਹਿ ਮਰਿ ਜਾਹੀ ॥ ਪੂਰਬਿ ਲਿਖਿਆ ਲੇਖੁ ਨ ਮਿਟਈ ਜਮ ਦਰਿ ਅੰਧੁ ਖੁਆਰਾ ਹੇ ॥੩॥ ਇਕਿ ਆਵਹਿ ਜਾਵਹਿ ਘਰਿ ਵਾਸੁ ਨ ਪਾਵਹਿ ॥ ਕਿਰਤ ਕੇ ਬਾਧੇ ਪਾਪ ਕਮਾਵਹਿ ॥ ਅੰਧੁਲੇ ਸੋਝੀ ਬੂਝ ਨ ਕਾਈ ਲੋਭੁ ਬੁਰਾ ਅਹੰਕਾਰਾ ਹੇ ॥੪॥ ਪਿਰ ਬਿਨੁ ਕਿਆ ਤਿਸੁ ਧਨ ਸੀਗਾਰਾ ॥ ਪਰ ਪਿਰ ਰਾਤੀ ਖਸਮੁ ਵਿਸਾਰਾ ॥ ਜਿਉ ਬੇਸੁਆ ਪੂਤ ਬਾਪੁ ਕੋ ਕਹੀਐ ਤਿਉ ਫੋਕਟ ਕਾਰ ਵਿਕਾਰਾ ਹੇ ॥੫॥ ਪ੍ਰੇਤ ਪਿੰਜਰ ਮਹਿ ਦੂਖ ਘਨੇਰੇ ॥ ਨਰਕਿ ਪਚਹਿ ਅਗਿਆਨ ਅੰਧੇਰੇ ॥ ਧਰਮ ਰਾਇ ਕੀ ਬਾਕੀ ਲੀਜੈ ਜਿਨਿ ਹਰਿ ਕਾ ਨਾਮੁ ਵਿਸਾਰਾ ਹੇ ॥੬॥ ਸੂਰਜੁ ਤਪੈ ਅਗਨਿ ਬਿਖੁ ਝਾਲਾ ॥ ਅਪਤੁ ਪਸੂ ਮਨਮੁਖੁ ਬੇਤਾਲਾ ॥ ਆਸਾ ਮਨਸਾ ਕੂੜੁ ਕਮਾਵਹਿ ਰੋਗੁ ਬੁਰਾ ਬੁਰਿਆਰਾ ਹੇ ॥੭॥ ਮਸਤਕਿ ਭਾਰੁ ਕਲਰ ਸਿਰਿ ਭਾਰਾ ॥ ਕਿਉ ਕਰਿ ਭਵਜਲੁ ਲੰਘਸਿ ਪਾਰਾ ॥ ਸਤਿਗੁਰੁ ਬੋਹਿਥੁ ਆਦਿ ਜੁਗਾਦੀ ਰਾਮ ਨਾਮਿ ਨਿਸਤਾਰਾ ਹੇ ॥੮॥ ਪੁਤ੍ਰ ਕਲਤ੍ਰ ਜਗਿ ਹੇਤੁ ਪਿਆਰਾ ॥ ਮਾਇਆ ਮੋਹੁ ਪਸਰਿਆ ਪਾਸਾਰਾ ॥ ਜਮ ਕੇ ਫਾਹੇ ਸਤਿਗੁਰਿ ਤੋੜੇ ਗੁਰਮੁਖਿ ਤਤੁ ਬੀਚਾਰਾ ਹੇ ॥੯॥ ਕੂੜਿ ਮੁਠੀ ਚਾਲੈ ਬਹੁ ਰਾਹੀ ॥ ਮਨਮੁਖੁ ਦਾਝੈ ਪੜਿ ਪੜਿ ਭਾਹੀ ॥ ਅੰਮ੍ਰਿਤ ਨਾਮੁ ਗੁਰੁ ਵਡ ਦਾਣਾ ਨਾਮੁ ਜਪਹੁ ਸੁਖ ਸਾਰਾ ਹੇ ॥੧੦॥ ਸਤਿਗੁਰੁ ਤੁਠਾ ਸਚੁ ਦ੍ਰਿੜਾਏ ॥ ਸਭਿ ਦੁਖ ਮੇਟੇ ਮਾਰਗਿ ਪਾਏ ॥ ਕੰਡਾ ਪਾਇ ਨ ਗਡਈ ਮੂਲੇ ਜਿਸੁ ਸਤਿਗੁਰੁ ਰਾਖਣਹਾਰਾ ਹੇ ॥੧੧॥ ਖੇਹੂ ਖੇਹ ਰਲੈ ਤਨੁ ਛੀਜੈ ॥ ਮਨਮੁਖੁ ਪਾਥਰੁ ਸੈਲੁ ਨ ਭੀਜੈ ॥ ਕਰਣ ਪਲਾਵ ਕਰੇ ਬਹੁਤੇਰੇ ਨਰਕਿ ਸੁਰਗਿ ਅਵਤਾਰਾ ਹੇ ॥੧੨॥ ਮਾਇਆ ਬਿਖੁ ਭੁਇਅੰਗਮ ਨਾਲੇ ॥ ਇਨਿ ਦੁਬਿਧਾ ਘਰ ਬਹੁਤੇ ਗਾਲੇ ॥ ਸਤਿਗੁਰ ਬਾਝਹੁ ਪ੍ਰੀਤਿ ਨ ਉਪਜੈ ਭਗਤਿ ਰਤੇ ਪਤੀਆਰਾ ਹੇ ॥੧੩॥ ਸਾਕਤ ਮਾਇਆ ਕਉ ਬਹੁ ਧਾਵਹਿ ॥ ਨਾਮੁ ਵਿਸਾਰਿ ਕਹਾ ਸੁਖੁ ਪਾਵਹਿ ॥ ਤ੍ਰਿਹੁ ਗੁਣ ਅੰਤਰਿ ਖਪਹਿ ਖਪਾਵਹਿ ਨਾਹੀ ਪਾਰਿ ਉਤਾਰਾ ਹੇ ॥੧੪॥ ਕੂਕਰ ਸੂਕਰ ਕਹੀਅਹਿ ਕੂੜਿਆਰਾ ॥ ਭਉਕਿ ਮਰਹਿ ਭਉ ਭਉ ਭਉ ਹਾਰਾ ॥ ਮਨਿ ਤਨਿ ਝੂਠੇ ਕੂੜੁ ਕਮਾਵਹਿ ਦੁਰਮਤਿ ਦਰਗਹ ਹਾਰਾ ਹੇ ॥੧੫॥ ਸਤਿਗੁਰੁ ਮਿਲੈ ਤ ਮਨੂਆ ਟੇਕੈ ॥ ਰਾਮ ਨਾਮੁ ਦੇ ਸਰਣਿ ਪਰੇਕੈ ॥ ਹਰਿ ਧਨੁ ਨਾਮੁ ਅਮੋਲਕੁ ਦੇਵੈ ਹਰਿ ਜਸੁ ਦਰਗਹ ਪਿਆਰਾ ਹੇ ॥੧੬॥ ਰਾਮ ਨਾਮੁ ਸਾਧੂ

ਸਰਣਾਈ ॥ ਸਤਿਗੁਰ ਬਚਨੀ ਗਤਿ ਮਿਤਿ ਪਾਈ ॥ ਨਾਨਕ ਹਰਿ ਜਪਿ ਹਰਿ ਮਨ ਮੇਰੇ ਹਰਿ ਮੇਲੇ ਮੇਲਣਹਾਰਾ ਹੇ ॥੧੭॥੩॥੯॥ {ਪੰਨਾ ੧੦੨੮-੧੦੨੯-੧੦੩੦}

ਪਦ ਅਰਥ :—ਅਸੁਰ—ਦੈਂਤ, ਕਾਮਾਦਿਕ । ਸਘਾਰਣ—ਮਾਰਨ (ਵਾਲਾ) । ਘਟਿ ਘਟਿ—ਹਰੇਕ ਘਟ ਵਿਚ । ਰਮਈਆ—ਸੋਹਣਾ ਰਾਮ । ਨਾਲੇ—ਨਾਲ ਹੀ, ਹਰੇਕ ਜੀਵ ਦੇ ਅੰਦਰ ਹੀ । ਅਲਖੁ—ਜਿਸ ਦਾ ਸਰੂਪ ਬਿਆਨ ਨਾਹ ਕੀਤਾ ਜਾ ਸਕੇ । ਮੂਲੇ—ਬਿਲਕੁਲ, ਉੱਕਾ ਹੀ । ਗੁਰਮੁਖਿ—ਗੁਰੂ ਦੀ ਸਰਨ ਪੈ ਕੇ । ਲਿਖੁ—(ਆਪਣੇ ਹਿਰਦੇ ਵਿਚ) ਪ੍ਰੋ ਲੈ । ਵੀਚਾਰਾ—ਗੁਣਾਂ ਦੀ ਵਿਚਾਰ ।੧।

ਸਾਧੂ—ਉਹ ਮਨੁੱਖ ਜਿਸ ਨੇ ਆਪਣੇ ਮਨ ਨੂੰ ਸਾਧ ਲਿਆ ਹੈ । ਪ੍ਰਭਿ—ਪ੍ਰਭੂ ਨੇ । ਅਤਿ—ਬਹੁਤ ।੨।

ਮਨਮੁਖ—ਆਪਣੇ ਮਨ ਦੇ ਪਿਛੇ ਤੁਰਨ ਵਾਲੇ ਬੰਦੇ । ਮਰਹਿ—ਆਤਮਕ ਮੌਤ ਸਹੇੜ ਲੈਂਦੇ ਹਨ । ਦਰਿ—ਦਰ ਤੇ । ਅੰਧੁ—ਮਾਇਆ ਦੇ ਮੋਹ ਵਿਚ ਅੰਨ੍ਹਾ ਹੋਇਆ ਮਨੁੱਖ ।੩।

ਇਕਿ—ਅਨੇਕਾਂ ਜੀਵ । ਘਰਿ—ਘਰ ਵਿਚ, ਹਿਰਦੇ ਵਿਚ, ਅੰਤਰ ਆਤਮੇ, ਆਤਮਕ ਅਡੋਲਤਾ ਵਿਚ । ਅੰਧੁਲੇ—ਮਾਇਆ ਦੇ ਮੋਹ ਵਿਚ ਅੰਨ੍ਹੇ ਹੋਏ ਜੀਵਾਂ ਨੂੰ ।੪।

ਧਨ—ਜੀਵ-ਇਸਤ੍ਰੀ । ਕਿਆ—ਕੀਹ ਲਾਭ? ਪਿਰ—ਖਸਮ । ਕੋ—ਕੌਣ? ਫੋਕਟ—ਫੋਕੇ, ਵਿਅਰਥ ।੫।

ਪਿੰਜਰ—ਸਰੀਰ । ਪ੍ਰੇਤ—ਵਿਕਾਰੀ ਜੀਵਾਤਮਾ । ਪਚਹਿ—ਖ਼ੁਆਰ ਹੁੰਦੇ ਹਨ । ਲੀਜੈ—ਵਸੂਲ ਕੀਤੀ ਜਾਂਦੀ ਹੈ । ਜਿਨਿ—ਜਿਸ ਮਨੁੱਖ ਨੇ ।੬।

ਤਪੈ—ਤਪਦਾ ਹੈ । ਝਾਲਾ—ਲਾਟਾਂ । ਅਪਤੁ—ਪਤ-ਹੀਣ । ਮਨਮੁਖੁ—ਆਪਣੇ ਮਨ ਦੇ ਪਿੱਛੇ ਤੁਰਨ ਵਾਲਾ । ਬੇਤਾਲਾ—ਭੂਤਨਾ ।੭।

ਮਸਤਕਿ—ਮੱਥੇ ਉੱਤੇ । ਸਿਰਿ—ਸਿਰ ਉਤੇ । ਬੋਹਿਥੁ—ਜਹਾਜ਼ । ਨਾਮਿ—ਨਾਮ ਦੀ ਰਾਹੀਂ ।੮।

ਕਲਤ੍ਰ—ਇਸਤ੍ਰੀ । ਜਗਿ—ਜਗਤ ਵਿਚ । ਹੇਤੁ—ਹਿਤ, ਮੋਹ । ਪਾਸਾਰਾ—ਖਿਲਾਰਾ । ਸਤਿਗੁਰਿ—ਸਤਿਗੁਰੂ ਨੇ ।੯।

ਕੂੜਿ—ਮਾਇਆ ਦੇ ਮੋਹ ਵਿਚ । ਪੜਿ—ਪੈ ਕੇ । ਭਾਹੀ—ਅੱਗ ਵਿਚ । ਦਾਣਾ—ਸਿਆਣਾ । ਸਾਰਾ—ਸ੍ਰੇਸ਼ਟ ।੧੦।

ਸਭਿ—ਸਾਰੇ । ਮਾਰਗਿ—ਰਸਤੇ ਉਤੇ । ਕੰਡਾ—ਹਉਮੈ ਦਾ ਕੰਡਾ । ਪਾਇ—ਪੈਰ ਵਿਚ । ਗਡਈ—ਚੁੱਭਦਾ । ਮੂਲੇ—ਬਿਲਕੁਲ ।੧੧।

ਖੇਹੂ—ਸੁਆਹ ਵਿਚ । ਛੀਜੈ—ਛਿੱਜਦਾ ਹੈ, ਕਮਜ਼ੋਰ ਹੁੰਦਾ ਹੈ । ਸੈਲੁ—ਪੱਥਰ, ਪਹਾੜ । ਕਰਣ ਪਲਾਵ—{ਕ{ਣਾਪ੍ਰਲਾਪ} ਤਰਲੇ, ਕੀਰਨੇ, ਤਰਸ-ਭਰੇ ਵਿਰਲਾਪ । ਅਵਤਾਰਾ—ਜਨਮਦਾ ।੧੨।

ਬਿਖੁ—ਜ਼ਹਿਰ । ਭੁਇਅੰਗਮ—ਸੱਪ । ਇਨਿ—ਇਸ ਨੇ । ਪਤੀਆਰਾ—ਪਤੀਜਦਾ ।੧੩।

ਸਾਕਤ—ਮਾਇਆ-ਵੇੜ੍ਹੇ ਮਨੁੱਖ । ਧਾਵਹਿ—ਦੌੜਦੇ ਹਨ । ਵਿਸਾਰਿ—ਵਿਸਾਰ ਕੇ ।੧੪।

ਕੂਕਰ—ਕੁੱਤੇ । ਸੂਕਰ—ਸੂਰ । ਭਉਕਿ—ਭੌਂਕ ਕੇ । ਮਰਹਿ—ਆਤਮਕ ਮੌਤੇ ਮਰਦੇ ਹਨ । ਭਉ ਭਉ ਭਉ—ਭਟਕ ਭਟਕ ਕੇ । ਹਾਰਾ—ਥੱਕ ਜਾਂਦੇ ਹਨ ।੧੫।

ਟੇਕੈ—ਆਸਰਾ ਦੇਂਦਾ ਹੈ । ਪਰੇਕੈ—ਪਏ ਹੋਏ ਨੂੰ ।੧੬।

ਸਾਧੂ—ਗੁਰੂ । ਗਤਿ—ਹਾਲਤ । ਮਿਤਿ—ਮਰਯਾਦਾ । ਮਨ—ਹੇ ਮਨ! ।੧੭।

ਅਰਥ :—ਸਾਡਾ ਪਰਮਾਤਮਾ (ਸਾਡੇ ਮਨਾਂ ਵਿਚੋਂ ਕਾਮਾਦਿਕ) ਦੈਂਤਾਂ ਦਾ ਨਾਸ ਕਰਨ ਦੇ ਸਮਰੱਥ ਹੈ । ਉਹ ਪਿਆਰਾ ਸੋਹਣਾ ਰਾਮ ਹਰੇਕ ਸਰੀਰ ਵਿਚ ਵੱਸਦਾ ਹੈ । ਹਰ ਵੇਲੇ ਸਾਡੇ ਅੰਦਰ ਮੌਜੂਦ ਹੈ, ਫਿਰ ਭੀ ਉਹ ਅਲੱਖ ਹੈ, ਉਸ ਦਾ ਸਰੂਪ ਉੱਕਾ ਹੀ ਬਿਆਨ ਨਹੀਂ ਕੀਤਾ ਜਾ ਸਕਦਾ । (ਹੇ ਭਾਈ!) ਗੁਰੂ ਦੀ ਸਰਨ ਪੈ ਕੇ ਉਸ ਦੇ ਗੁਣਾਂ ਦੀ ਵਿਚਾਰ (ਆਪਣੇ ਹਿਰਦੇ ਵਿਚ) ਪ੍ਰੋ ਲਵੋ ।੧।

ਹੇ ਪ੍ਰਭੂ! ਜੇਹੜੇ ਮਨੁੱਖ ਗੁਰੂ ਦੇ ਸਨਮੁਖ ਹੋ ਕੇ ਤੇਰੀ ਸਰਨ ਪੈਂਦੇ ਹਨ ਉਹ ਆਪਣੇ ਮਨ ਨੂੰ ਸਾਧ ਲੈਂਦੇ ਹਨ (ਵਿਕਾਰਾਂ ਵਲੋਂ ਰੋਕ ਲੈਂਦੇ ਹਨ) । (ਜਿਸ ਭੀ ਮਨੁੱਖ ਨੇ ਗੁਰੂ ਵਲ ਮੂੰਹ ਕੀਤਾ ਉਸ ਨੂੰ) ਪ੍ਰਭੂ ਨੇ ਮੇਹਰ ਕਰ ਕੇ ਸੰਸਾਰ-ਸਮੁੰਦਰ ਤੋਂ ਪਾਰ ਲੰਘਾ ਲਿਆ । ਇਹ ਸੰਸਾਰ ਇਕ ਬੜਾ ਹੀ ਡੂੰਘਾ ਸਮੁੰਦਰ ਹੈ ਇਸ ਵਿਚ ਪਾਣੀ (ਦੇ ਥਾਂ ਵਿਕਾਰਾਂ ਦੀ) ਅੱਗ (ਭੜਕ ਰਹੀ) ਹੈ । ਇਸ ਵਿਚੋਂ ਸਤਿਗੁਰੂ ਪਾਰ ਲੰਘਾ ਲੈਂਦਾ ਹੈ ।੨।

ਆਪਣੇ ਮਨ ਦੇ ਪਿੱਛੇ ਤੁਰਨ ਵਾਲੇ ਤੇ ਮਾਇਆ ਦੇ ਮੋਹ ਵਿਚ ਅੰਨ੍ਹੇ ਹੋਏ ਬੰਦਿਆਂ ਨੂੰ (ਇਸ ਤ੍ਰਿਸ਼ਨਾ-ਅੱਗ ਦੇ ਸਮੁੰਦਰ ਦੀ) ਸਮਝ ਨਹੀਂ ਪੈਂਦੀ । ਉਹ ਜਨਮ ਮਰਨ ਦੇ ਚੱਕਰ ਵਿਚ ਪੈਂਦੇ ਹਨ ਤੇ ਮੁੜ ਮੁੜ ਆਤਮਕ ਮੌਤੇ ਮਰਦੇ ਹਨ । (ਪਰ ਉਹ ਵਿਚਾਰੇ ਭੀ ਕੀਹ ਕਰਨ?) ਪਿਛਲੇ ਜਨਮਾਂ ਜਨਮਾਂਤਰਾਂ ਦੇ ਕੀਤੇ ਕਰਮਾਂ ਦੇ ਸੰਸਕਾਰਾਂ ਦਾ ਲਿਖਿਆ ਲੇਖ (ਜੋ ਉਹਨਾਂ ਦੇ ਮਨ ਵਿਚ ਉੱਕਰਿਆ ਪਿਆ ਹੈ) ਮਿਟਦਾ ਨਹੀਂ । ਮਾਇਆ ਦੇ ਮੋਹ ਵਿਚ ਅੰਨ੍ਹਾ ਹੋਇਆ ਜੀਵ ਜਮ ਦੇ ਦਰ ਤੇ ਖ਼ੁਆਰ ਹੁੰਦਾ ਹੈ ।੩।

(ਇਸੇ ਹੀ ਤਰ੍ਹਾਂ ਮਾਇਆ ਮੋਹ ਵਿਚ ਫਸ ਕੇ) ਅਨੇਕਾਂ ਹੀ ਜੀਵ ਜੰਮਦੇ ਹਨ ਮਰਦੇ ਹਨ, ਜੰਮਦੇ ਹਨ ਮਰਦੇ ਹਨ, ਪਰ ਆਪਣੇ ਅੰਤਰ ਆਤਮੇ ਅਡੋਲਤਾ ਨਹੀਂ ਪ੍ਰਾਪਤ ਕਰ ਸਕਦੇ, ਉਹ ਪਿਛਲੇ ਕੀਤੇ ਕਰਮਾਂ ਦੇ ਸੰਸਕਾਰਾਂ ਦੇ ਬੱਝੇ ਹੋਏ (ਹੋਰ ਹੋਰ) ਪਾਪ ਕਰੀ ਜਾਂਦੇ ਹਨ । ਮਾਇਆ ਦਾ ਲੋਭ ਤੇ ਅਹੰਕਾਰ ਬੜੀ ਬੁਰੀ ਬਲਾ ਹੈ, ਇਸ ਵਿਚ ਅੰਨ੍ਹੇ ਹੋਏ ਜੀਵ ਨੂੰ ਕੋਈ ਸੂਝ ਬੂਝ ਆ ਨਹੀਂ ਸਕਦੀ (ਕਿ ਕਿਸ ਰਾਹੇ ਪਿਆ ਹੋਇਆ ਹੈ) ।੪।

ਜੇਹੜੀ ਇਸਤ੍ਰੀ ਪਤੀ ਤੋਂ ਵਿਛੁੜੀ ਹੋਈ ਹੋਵੇ ਉਸ ਦਾ ਹਾਰ-ਸਿੰਗਾਰ ਕਿਸ ਅਰਥ? ਉਸ ਨੇ ਤਾਂ ਆਪਣਾ ਖਸਮ ਵਿਸਾਰ ਰੱਖਿਆ ਹੈ ਤੇ ਉਹ ਪਰਾਏ ਮਰਦ ਨਾਲ ਰੰਗ-ਰਲੀਆਂ ਮਾਣਦੀ ਹੈ । (ਇਹ ਹਾਰ-ਸਿੰਗਾਰ ਉਸ ਨੂੰ ਹੋਰ ਹੋਰ ਨਰਕ ਵਿਚ ਪਾਂਦਾ ਹੈ) । ਜਿਵੇਂ ਕਿਸੇ ਵੇਸੁਆ ਦੇ ਪੁੱਤਰ ਦੇ ਪਿਉ ਦਾ ਨਾਮ ਨਹੀਂ ਦੱਸਿਆ ਜਾ ਸਕਦਾ (ਉਹ ਜਗਤ ਵਿਚ ਹਾਸੋ-ਹੀਣਾ ਹੀ ਹੁੰਦਾ ਹੈ, ਇਸੇ ਤਰ੍ਹਾਂ ਪਤੀ-ਪ੍ਰਭੂ ਤੋਂ ਵਿਛੁੜੀ ਜੀਵ-ਇਸਤ੍ਰੀ ਦੇ) ਹੋਰ ਹੋਰ ਕਰਮ ਫੋਕੇ ਤੇ ਵਿਕਾਰ ਹੀ ਹਨ (ਇਹਨਾਂ ਵਿਚੋਂ ਨਮੋਸ਼ੀ ਹੀ ਮਿਲਦੀ ਹੈ) ।੫।

(ਜੇਹੜੇ ਜੀਵ ਪ੍ਰਭੂ ਦਾ ਨਾਮ ਨਹੀਂ ਸਿਮਰਦੇ ਉਹ, ਮਾਨੋ, ਪ੍ਰੇਤ-ਜੂਨ ਹਨ । ਉਹਨਾਂ ਦੇ ਇਹ ਮਨੁੱਖਾ ਸਰੀਰ ਭੀ ਪ੍ਰੇਤਾਂ ਦੇ ਰਹਿਣ ਲਈ ਪਿੰਜਰ ਹੀ ਹਨ) ਇਹਨਾਂ ਪ੍ਰੇਤ-ਪਿੰਜਰਾਂ ਵਿਚ ਉਹ ਬੇਅੰਤ ਦੁੱਖ ਸਹਿੰਦੇ ਹਨ । ਅਗਿਆਨਤਾ ਦੇ ਹਨੇਰੇ ਵਿਚ ਪੈ ਕੇ ਉਹ (ਆਤਮਕ ਮੌਤ ਦੇ) ਨਰਕ ਵਿਚ ਖ਼ੁਆਰ ਹੁੰਦੇ ਹਨ ।

ਜਿਸ ਮਨੁੱਖ ਨੇ ਪਰਮਾਤਮਾ ਦਾ ਨਾਮ ਭੁਲਾ ਦਿੱਤਾ ਹੈ (ਉਸ ਦੇ ਸਿਰ ਤੇ ਵਿਕਾਰਾਂ ਦਾ ਕਰਜ਼ਾ ਚੜ੍ਹਦਾ ਜਾਂਦਾ ਹੈ, ਉਹ ਮਨੁੱਖ ਧਰਮਰਾਜ ਦਾ ਕਰਜ਼ਾਈ ਹੋ ਜਾਂਦਾ ਹੈ) ਉਸ ਪਾਸੋਂ ਧਰਮਰਾਜ ਦੇ ਇਸ ਕਰਜ਼ੇ ਦੀ ਵਸੂਲੀ ਕੀਤੀ ਹੀ ਜਾਂਦੀ ਹੈ (ਭਾਵ, ਵਿਕਾਰਾਂ ਦੇ ਕਾਰਨ ਉਸ ਨੂੰ ਦੁੱਖ ਸਹਾਰਨੇ ਹੀ ਪੈਂਦੇ ਹਨ) ।੬।

ਆਪਣੇ ਮਨ ਦੇ ਪਿੱਛੇ ਤੁਰਨ ਵਾਲਾ ਮਨੁੱਖ, ਮਾਨੋ, ਭੂਤ ਹੈ, (ਮਨੁੱਖਾ ਸਰੀਰ ਹੁੰਦਿਆਂ ਭੀ ਅੰਤਰ ਆਤਮੇ) ਪਸ਼ੂ ਹੈ, ਉਸ ਨੂੰ ਕਿਤੇ ਆਦਰ ਨਹੀਂ ਮਿਲਦਾ । (ਮਨਮੁਖ ਦੇ ਅੰਦਰ ਮਾਨੋ, ਮਾਇਆ ਦੇ ਮੋਹ ਦਾ) ਸੂਰਜ ਤਪਦਾ ਰਹਿੰਦਾ ਹੈ, ਉਸ ਦੇ ਅੰਦਰ ਵਿਹੁਲੀ ਤ੍ਰਿਸ਼ਨਾ-ਅੱਗ ਦੀਆਂ ਲਾਟਾਂ ਨਿਕਲਦੀਆਂ ਰਹਿੰਦੀਆਂ

ਹਨ ।

ਜੇਹੜੇ ਬੰਦੇ ਦੁਨੀਆ ਦੀਆਂ ਆਸਾਂ ਤੇ ਮਨ ਦੇ ਮਾਇਕ ਫੁਰਨਿਆਂ ਵਿਚ ਫਸ ਕੇ ਮਾਇਆ ਦੇ ਮੋਹ ਦੀ ਕਮਾਈ ਹੀ ਕਰਦੇ ਰਹਿੰਦੇ ਹਨ, ਉਹਨਾਂ ਨੂੰ (ਮੋਹ ਦਾ ਇਹ) ਅੱਤ ਭੈੜਾ ਰੋਗ ਚੰਬੜਿਆ ਹੀ ਰਹਿੰਦਾ ਹੈ ।੭।

ਜਿਸ ਮਨੁੱਖ ਦੇ ਮੱਥੇ ਉਤੇ ਸਿਰ ਉਤੇ (ਪਾਪਾਂ ਦੇ) ਕੱਲਰ ਦਾ ਬਹੁਤ ਸਾਰਾ ਭਾਰ ਰੱਖਿਆ ਹੋਵੇ, ਉਹ ਸੰਸਾਰ-ਸਮੁੰਦਰ ਤੋਂ ਕਿਵੇਂ ਪਾਰ ਲੰਘੇਗਾ? ਦੁਨੀਆ ਦੇ ਸ਼ੁਰੂ ਤੋਂ ਹੀ ਜੁਗਾਂ ਦੇ ਮੁੱਢ ਤੋਂ ਹੀ ਸਤਿਗੁਰੂ ਜਹਾਜ਼ ਹੈ ਜੋ ਜੀਵਾਂ ਨੂੰ ਪਰਮਾਤਮਾ ਦੇ ਨਾਮ ਵਿਚ ਜੋੜ ਕੇ ਪਾਰ ਲੰਘਾ ਦੇਂਦਾ ਹੈ ।੮।

ਜਗਤ ਵਿਚ ਮਾਇਆ ਦਾ ਮੋਹ-ਰੂਪ ਖਿਲਾਰਾ ਖਿਲਰਿਆ ਪਿਆ ਹੈ, (ਸਭ ਜੀਵਾਂ ਦਾ) ਪੁੱਤਰ ਨਾਲ ਇਸਤ੍ਰੀ ਨਾਲ ਮੋਹ ਹੈ ਪਿਆਰ ਹੈ (ਪਰ ਇਹ ਮੋਹ ਆਤਮਕ ਮੌਤ ਦਾ ਕਾਰਨ ਬਣਦਾ ਹੈ), ਇਸ ਆਤਮਕ ਮੌਤ ਦੀਆਂ ਫਾਹੀਆਂ ਸਤਿਗੁਰੂ ਨੇ (ਉਸ ਮਨੁੱਖ ਦੇ ਗਲੋਂ) ਤੋੜ ਦਿੱਤੀਆਂ ਹਨ ਜੋ ਗੁਰੂ ਦੇ ਸਨਮੁਖ ਰਹਿ ਕੇ ਜਗਤ ਦੇ ਮੂਲ ਪ੍ਰਭੂ ਨੂੰ ਆਪਣੇ ਸੋਚ-ਮੰਡਲ ਵਿਚ ਟਿਕਾਂਦਾ ਹੈ ।੯।

ਜੇਹੜੀ ਜੀਵ-ਇਸਤ੍ਰੀ ਮਾਇਆ ਦੇ ਮੋਹ ਵਿਚ (ਪੈ ਕੇ ਆਤਮਕ ਜੀਵਨ ਦੀ ਪੂੰਜੀ) ਲੁਟਾ ਬੈਠਦੀ ਹੈ, ਉਹ (ਸਹੀ ਜੀਵਨ-ਰਾਹ ਤੋਂ ਖੁੰਝ ਕੇ) ਕਈ ਰਾਹਾਂ ਵਿਚ ਭਟਕਦੀ ਫਿਰਦੀ ਹੈ । ਜੇਹੜਾ ਮਨੁੱਖ ਆਪਣੇ ਮਨ ਦੇ ਪਿੱਛੇ ਤੁਰਦਾ ਹੈ ਉਹ ਤ੍ਰਿਸ਼ਨਾ ਦੀ ਅੱਗ ਵਿਚ ਪੈ ਪੈ ਕੇ ਸੜਦਾ ਹੈ (ਦੁਖੀ ਹੁੰਦਾ ਹੈ) । (ਇਸ ਰੋਗ ਤੋਂ ਬਚਾਣ ਲਈ) ਗੁਰੂ (ਜੋ) ਵੱਡਾ ਸਿਆਣਾ (ਹਕੀਮ) ਹੈ ਆਤਮਕ ਜੀਵਨ ਦੇਣ ਵਾਲਾ ਹਰੀ-ਨਾਮ ਦੇਂਦਾ ਹੈ । (ਹੇ ਭਾਈ! ਗੁਰੂ ਦੀ ਸਰਨ ਪੈ ਕੇ) ਨਾਮ ਜਪੋ (ਇਸੇ ਵਿਚ) ਸ੍ਰੇਸ਼ਟ ਸੁਖ ਹੈ ।੧੦।

ਜਿਸ ਮਨੁੱਖ ਉਤੇ ਗੁਰੂ ਤ੍ਰੁੱਠਦਾ ਹੈ ਉਸ ਨੂੰ ਸਦਾ-ਥਿਰ ਹਰੀ-ਨਾਮ (ਹਿਰਦੇ ਵਿਚ) ਪੱਕਾ ਕਰਾ ਦੇਂਦਾ ਹੈ, ਉਸ ਦੇ ਸਾਰੇ ਦੁੱਖ ਮਿਟਾ ਦੇਂਦਾ ਹੈ ਉਸ ਨੂੰ ਜ਼ਿੰਦਗੀ ਦੇ ਸਹੀ ਰਸਤੇ ਤੇ ਪਾ ਦੇਂਦਾ ਹੈ । ਸਤਿਗੁਰੂ ਜਿਸ ਮਨੁੱਖ ਦਾ ਰਾਖਾ ਬਣਦਾ ਹੈ (ਜ਼ਿੰਦਗੀ ਦੇ ਪੈਂਡੇ ਤੁਰਦਿਆਂ) ਉਸ ਦੇ ਪੈਰ ਵਿਚ ਕੰਡਾ ਨਹੀਂ ਚੁੱਭਦਾ (ਉਸ ਨੂੰ ਹਉਮੈ ਦਾ ਕੰਡਾ ਦੁਖੀ ਨਹੀਂ ਕਰਦਾ) ।੧੧।

ਆਪਣੇ ਮਨ ਦੇ ਪਿੱਛੇ ਤੁਰਨ ਵਾਲਾ ਮਨੁੱਖ ਪੱਥਰ ਦਿਲ ਹੀ ਰਹਿੰਦਾ ਹੈ ਕਦੇ (ਭਗਤੀ-ਭਾਵ ਵਿਚ) ਨਹੀਂ ਭਿੱਜਦਾ, ਸਾਰੀ ਉਮਰ ਮਾਇਆ ਦੇ ਮੋਹ ਵਿਚ ਹੀ ਉਸ ਦਾ ਸਰੀਰ ਆਖ਼ਰ ਨਾਸ ਹੋ ਜਾਂਦਾ ਹੈ ਤੇ (ਉਸ ਦਾ ਸ੍ਰੇਸ਼ਟ ਮਨੁੱਖਾ ਜੀਵਨ) ਸੁਆਹ ਵਿਚ ਹੀ ਰਲ ਜਾਂਦਾ ਹੈ । (ਜੀਵਨ ਦਾ ਸਮਾ ਵਿਹਾ ਜਾਣ ਤੇ ਜੇ ਉਹ) ਬਥੇਰੇ ਤਰਲੇ ਭੀ ਕਰੇ (ਤਾਂ ਕਿਸੇ ਅਰਥ ਨਹੀਂ) ਉਹ ਕਦੇ ਨਰਕ ਵਿਚ ਕਦੇ ਸੁਰਗ ਵਿਚ ਜੰਮਦਾ ਹੀ ਰਹਿੰਦਾ ਹੈ (ਭਾਵ, ਜਨਮ ਮਰਨ ਦੇ ਗੇੜ ਵਿਚ ਪੈ ਕੇ ਦੁਖ ਸੁਖ ਭੋਗਦਾ ਰਹਿੰਦਾ ਹੈ) ।੧੨।

(ਗੁਰੂ ਦੀ ਸਰਨ ਤੋਂ ਬਿਨਾ) ਮਾਇਆ ਦੇ ਮੋਹ-ਰੂਪ ਸੱਪ ਦਾ ਜ਼ਹਿਰ ਜੀਵਾਂ ਦੇ ਅੰਦਰ ਟਿਕਿਆ ਰਹਿੰਦਾ ਹੈ (ਤੇ ਜੀਵਾਂ ਨੂੰ ਆਤਮਕ ਮੌਤੇ ਮਾਰਦਾ ਰਹਿੰਦਾ ਹੈ) । ਇਸ ਨੇ ਦੁਬਿਧਾ ਵਿਚ ਪਾ ਕੇ ਅਨੇਕਾਂ ਘਰ ਗਾਲ ਦਿੱਤੇ ਹਨ (ਮੋਹ ਨੇ ਪ੍ਰਭੂ ਤੋਂ ਬਿਨਾ ਹੋਰ ਹੋਰ ਆਸਰੇ ਦੀ ਝਾਕ ਵਿਚ ਪੈ ਕੇ ਅਨੇਕਾਂ ਜੀਵਨ ਬਰਬਾਦ ਕਰ ਦਿੱਤੇ ਹਨ) । ਗੁਰੂ ਤੋਂ ਬਿਨਾ ਮਨੁੱਖ ਦੇ ਹਿਰਦੇ ਵਿਚ ਪ੍ਰਭੂ-ਚਰਨਾਂ ਵਿਚ ਪ੍ਰੀਤਿ ਪੈਦਾ ਨਹੀਂ ਹੁੰਦੀ । ਜੇਹੜੇ ਮਨੁੱਖ (ਗੁਰੂ ਦੀ ਰਾਹੀਂ) ਪਰਮਾਤਮਾ ਦੇ ਭਗਤ-ਰੰਗ ਵਿਚ ਰੰਗੇ ਜਾਂਦੇ ਹਨ ਉਹਨਾਂ ਦਾ ਮਨ ਪ੍ਰਭੂ ਦੀ ਯਾਦ ਵਿਚ ਖ਼ੁਸ਼ ਰਹਿੰਦਾ ਹੈ ।੧੩।

ਮਾਇਆ-ਵੇੜ੍ਹੇ ਜੀਵ ਮਾਇਆ ਇਕੱਠੀ ਕਰਨ ਦੀ ਖ਼ਾਤਰ ਬਹੁਤ ਭੱਜ-ਦੌੜ ਕਰਦੇ ਹਨ (ਕਿਉਂਕਿ ਉਹ ਇਸੇ ਵਿਚ ਸੁਖ ਲੱਭਣ ਦੀ ਆਸ ਰੱਖਦੇ ਹਨ) ਪਰ ਪਰਮਾਤਮਾ ਦਾ ਨਾਮ ਭੁਲਾ ਕੇ ਆਤਮਕ ਆਨੰਦ ਕਿੱਥੋਂ ਲੈ ਸਕਦੇ ਹਨ? ਉਹ ਮਾਇਆ ਦੇ ਤਿੰਨਾਂ ਗੁਣਾਂ ਵਿਚ ਹੀ ਫਸੇ ਰਹਿ ਕੇ ਦੁਖੀ ਹੁੰਦੇ ਹਨ (ਹੋਰਨਾਂ ਨੂੰ ਭੀ) ਦੁਖੀ ਕਰਦੇ ਹਨ । ਦੁੱਖਾਂ ਦੇ ਇਸ ਸਮੁੰਦਰ ਵਿਚੋਂ ਉਹ ਪਾਰਲੇ ਬੰਨੇ ਨਹੀਂ ਪਹੁੰਚ ਸਕਦੇ ।੧੪।

ਨਿਰੇ ਕੂੜ ਦੇ ਵਪਾਰੀ ਬੰਦੇ (ਵੇਖਣ ਨੂੰ ਤਾਂ ਮਨੁੱਖ ਹਨ, ਪਰ ਅਸਲ ਵਿਚ ਉਹ) ਕੁੱਤੇ ਤੇ ਸੂਰ ਹੀ (ਆਪਣੇ ਆਪ ਨੂੰ) ਅਖਵਾਂਦੇ ਹਨ (ਕਿਉਂਕਿ ਕੁੱਤਿਆਂ ਤੇ ਸੂਰਾਂ ਵਾਂਗ ਮਾਇਆ ਦੀ ਖ਼ਾਤਰ) ਭੌਂਕ ਭੌਂਕ ਕੇ ਆਤਮਕ ਮੌਤ ਸਹੇੜ ਲੈਂਦੇ ਹਨ, ਸਾਰੀ ਉਮਰ ਭਟਕਦੇ ਭਟਕਦੇ ਥੱਕ ਟੁੱਟ ਜਾਂਦੇ ਹਨ । ਉਹਨਾਂ ਦੇ ਮਨ ਵਿਚ ਮਾਇਆ ਦਾ ਮੋਹ, ਉਹਨਾਂ ਦੇ ਸਰੀਰ ਵਿਚ ਮਾਇਆ ਦਾ ਮੋਹ, ਸਾਰੀ ਉਮਰ ਉਹ ਮੋਹ ਦੀ ਕਮਾਈ ਹੀ ਕਰਦੇ ਹਨ । ਇਸ ਭੈੜੀ ਮੱਤੇ ਲੱਗ ਕੇ ਪਰਮਾਤਮਾ ਦੀ ਦਰਗਾਹ ਵਿਚ ਉਹ ਜੀਵਨ-ਬਾਜ਼ੀ ਹਾਰ ਜਾਂਦੇ ਹਨ ।੧੫।

ਜੇ ਸਤਿਗੁਰੂ ਮਿਲ ਪਏ ਤਾਂ ਉਹ ਸਰਨ ਪਏ ਮਨੁੱਖ ਨੂੰ ਪਰਮਾਤਮਾ ਦਾ ਨਾਮ ਦੇ ਕੇ ਉਸ ਦੇ (ਡੋਲਦੇ) ਮਨ ਨੂੰ ਸਹਾਰਾ ਦੇਂਦਾ ਹੈ । ਗੁਰੂ ਉਸ ਨੂੰ ਪਰਮਾਤਮਾ ਦਾ ਨਾਮ-ਰੂਪ ਅਮੋਲਕ (ਕੀਮਤੀ) ਧਨ ਦੇਂਦਾ ਹੈ, ਪਰਮਾਤਮਾ ਦੀ ਸਿਫ਼ਤਿ-ਸਾਲਾਹ (ਦੀ ਦਾਤਿ) ਦੇਂਦਾ ਹੈ (ਜਿਸ ਦੀ ਬਰਕਤਿ ਨਾਲ ਉਸ ਨੂੰ) ਪ੍ਰਭੂ ਦੀ ਦਰਗਾਹ ਵਿਚ ਆਦਰ-ਪਿਆਰ ਮਿਲਦਾ ਹੈ ।੧੬।

ਗੁਰੂ ਦੀ ਸਰਨ ਪਿਆਂ ਪਰਮਾਤਮਾ ਦਾ ਨਾਮ ਮਿਲਦਾ ਹੈ । ਗੁਰੂ ਦੇ ਬਚਨਾਂ ਤੇ ਤੁਰਿਆਂ ਇਹ ਸਮਝ ਆ ਜਾਂਦੀ ਹੈ ਕਿ ਪਰਮਾਤਮਾ ਕਿਹੋ ਜਿਹਾ (ਦਇਆਲ) ਹੈ ਤੇ ਕੇਡਾ ਵੱਡਾ (ਬੇਅੰਤ) ਹੈ । ਹੇ ਨਾਨਕ! (ਆਪਣੇ ਮਨ ਨੂੰ ਸਮਝਾ ਤੇ ਆਖ—) ਹੇ ਮੇਰੇ ਮਨ! ਪਰਮਾਤਮਾ ਦਾ ਨਾਮ ਜਪ (ਨਾਮ ਜਪਣ ਵਾਲੇ ਵਡ-ਭਾਗੀ ਨੂੰ) ਮੇਲਣਹਾਰ ਪ੍ਰਭੂ ਆਪਣੇ ਚਰਣਾਂ ਵਿਚ ਮਿਲਾ ਲੈਂਦਾ ਹੈ ।੧੭।੩।੯।

ਮਾਰੂ ਮਹਲਾ ੧ ॥ ਘਰਿ ਰਹੁ ਰੇ ਮਨ ਮੁਗਧ ਇਆਨੇ ॥ ਰਾਮੁ ਜਪਹੁ ਅੰਤਰਗਤਿ ਧਿਆਨੇ ॥ ਲਾਲਚ ਛੋਡਿ ਰਚਹੁ ਅਪਰੰਪਰਿ ਇਉ ਪਾਵਹੁ ਮੁਕਤਿ ਦੁਆਰਾ ਹੇ ॥੧॥ ਜਿਸੁ ਬਿਸਰਿਐ ਜਮੁ ਜੋਹਣਿ ਲਾਗੈ ॥ ਸਭਿ ਸੁਖ ਜਾਹਿ ਦੁਖਾ ਫੁਨਿ ਆਗੈ ॥ ਰਾਮ ਨਾਮੁ ਜਪਿ ਗੁਰਮੁਖਿ ਜੀਅੜੇ ਏਹੁ ਪਰਮ ਤਤੁ ਵੀਚਾਰਾ ਹੇ ॥੨॥ ਹਰਿ ਹਰਿ ਨਾਮੁ ਜਪਹੁ ਰਸੁ ਮੀਠਾ ॥ ਗੁਰਮੁਖਿ ਹਰਿ ਰਸੁ ਅੰਤਰਿ ਡੀਠਾ ॥ ਅਹਿਨਿਸਿ ਰਾਮ ਰਹਹੁ ਰੰਗਿ ਰਾਤੇ ਏਹੁ ਜਪੁ ਤਪੁ ਸੰਜਮੁ ਸਾਰਾ ਹੇ ॥੩॥ ਰਾਮ ਨਾਮੁ ਗੁਰ ਬਚਨੀ ਬੋਲਹੁ ॥ ਸੰਤ ਸਭਾ ਮਹਿ ਇਹੁ ਰਸੁ ਟੋਲਹੁ ॥ ਗੁਰਮਤਿ ਖੋਜਿ ਲਹਹੁ ਘਰੁ ਅਪਨਾ ਬਹੁੜਿ ਨ ਗਰਭ ਮਝਾਰਾ ਹੇ ॥੪॥ ਸਚੁ ਤੀਰਥਿ

ਨਾਵਹੁ ਹਰਿ ਗੁਣ ਗਾਵਹੁ ॥ ਤਤੁ ਵੀਚਾਰਹੁ ਹਰਿ ਲਿਵ ਲਾਵਹੁ ॥ ਅੰਤ ਕਾਲਿ ਜਮੁ ਜੋਹਿ ਨ ਸਾਕੈ ਹਰਿ ਬੋਲਹੁ ਰਾਮੁ ਪਿਆਰਾ ਹੇ ॥੫॥ ਸਤਿਗੁਰੁ ਪੁਰਖੁ ਦਾਤਾ ਵਡ ਦਾਨਾ ॥ ਜਿਸੁ ਅੰਤਰਿ ਸਾਚੁ ਸੁ ਸਬਦਿ ਸਮਾਨਾ ॥ ਜਿਸ ਕਉ ਸਤਿਗੁਰ ਮੇਲਿ ਮਿਲਾਏ ਤਿਸੁ ਚੂਕਾ ਜਮ ਭੈ ਭਾਰਾ ਹੇ ॥੬॥ ਪੰਚ ਤਤੁ ਮਿਲਿ ਕਾਇਆ ਕੀਨੀ ॥ ਤਿਸ ਮਹਿ ਰਾਮ ਰਤਨੁ ਲੈ ਚੀਨੀ ॥ ਆਤਮ ਰਾਮੁ ਰਾਮੁ ਹੈ ਆਤਮ ਹਰਿ ਪਾਈਐ ਸਬਦਿ ਵੀਚਾਰਾ ਹੇ ॥੭॥ ਸਤ ਸੰਤੋਖਿ ਰਹਹੁ ਜਨ ਭਾਈ ॥ ਖਿਮਾ ਗਹਹੁ ਸਤਿਗੁਰ ਸਰਣਾਈ ॥ ਆਤਮੁ ਚੀਨਿ ਪਰਾਤਮੁ ਚੀਨਹੁ ਗੁਰ ਸੰਗਤਿ ਇਹੁ ਨਿਸਤਾਰਾ ਹੇ ॥੮॥ ਸਾਕਤ ਕੂੜ ਕਪਟ ਮਹਿ ਟੇਕਾ ॥ ਅਹਿਨਿਸਿ ਨਿੰਦਾ ਕਰਹਿ ਅਨੇਕਾ ॥ ਬਿਨੁ ਸਿਮਰਨ ਆਵਹਿ ਫੁਨਿ ਜਾਵਹਿ ਗ੍ਰਭ ਜੋਨੀ ਨਰਕ ਮਝਾਰਾ ਹੇ ॥੯॥ ਸਾਕਤ ਜਮ ਕੀ ਕਾਣਿ ਨ ਚੂਕੈ ॥ ਜਮ ਕਾ ਡੰਡੁ ਨ ਕਬਹੂ ਮੁਕੈ ॥ ਬਾਕੀ ਧਰਮ ਰਾਇ ਕੀ ਲੀਜੈ ਸਿਰਿ ਅਫਰਿਓ ਭਾਰੁ ਅਫਾਰਾ ਹੇ ॥੧੦॥ ਬਿਨੁ ਗੁਰ ਸਾਕਤੁ ਕਹਹੁ ਕੋ ਤਰਿਆ ॥ ਹਉਮੈ ਕਰਤਾ ਭਵਜਲਿ ਪਰਿਆ ॥ ਬਿਨੁ ਗੁਰ ਪਾਰੁ ਨ ਪਾਵੈ ਕੋਈ ਹਰਿ ਜਪੀਐ ਪਾਰਿ ਉਤਾਰਾ ਹੇ ॥੧੧॥ ਗੁਰ ਕੀ ਦਾਤਿ ਨ ਮੇਟੈ ਕੋਈ ॥ ਜਿਸੁ ਬਖਸੇ ਤਿਸੁ ਤਾਰੇ ਸੋਈ ॥ ਜਨਮ ਮਰਣ ਦੁਖੁ ਨੇੜਿ ਨ ਆਵੈ ਮਨਿ ਸੋ ਪ੍ਰਭੁ ਅਪਰ ਅਪਾਰਾ ਹੇ ॥੧੨॥ ਗੁਰ ਤੇ ਭੂਲੇ ਆਵਹੁ ਜਾਵਹੁ ॥ ਜਨਮਿ ਮਰਹੁ ਫੁਨਿ ਪਾਪ ਕਮਾਵਹੁ ॥ ਸਾਕਤ ਮੂੜ ਅਚੇਤ ਨ ਚੇਤਹਿ ਦੁਖੁ ਲਾਗੈ ਤਾ ਰਾਮੁ ਪੁਕਾਰਾ ਹੇ ॥੧੩॥ ਸੁਖੁ ਦੁਖੁ ਪੁਰਬ ਜਨਮ ਕੇ ਕੀਏ ॥ ਸੋ ਜਾਣੈ ਜਿਨਿ ਦਾਤੈ ਦੀਏ ॥ ਕਿਸ ਕਉ ਦੋਸੁ ਦੇਹਿ ਤੂ ਪ੍ਰਾਣੀ ਸਹੁ ਅਪਣਾ ਕੀਆ ਕਰਾਰਾ ਹੇ ॥੧੪॥ ਹਉਮੈ ਮਮਤਾ ਕਰਦਾ ਆਇਆ ॥ ਆਸਾ ਮਨਸਾ ਬੰਧਿ ਚਲਾਇਆ ॥ ਮੇਰੀ ਮੇਰੀ ਕਰਤ ਕਿਆ ਲੇ ਚਾਲੇ ਬਿਖੁ ਲਾਦੇ ਛਾਰ ਬਿਕਾਰਾ ਹੇ ॥੧੫॥ ਹਰਿ ਕੀ ਭਗਤਿ ਕਰਹੁ ਜਨ ਭਾਈ ॥ ਅਕਥੁ ਕਥਹੁ ਮਨੁ ਮਨਹਿ ਸਮਾਈ ॥ ਉਠਿ ਚਲਤਾ ਠਾਕਿ ਰਖਹੁ ਘਰਿ ਅਪੁਨੈ ਦੁਖੁ ਕਾਟੇ ਕਾਟਣਹਾਰਾ ਹੇ ॥੧੬॥ ਹਰਿ ਗੁਰ ਪੂਰੇ ਕੀ ਓਟ ਪਰਾਤੀ ॥ ਗੁਰਮੁਖਿ ਹਰਿ ਲਿਵ ਗੁਰਮੁਖਿ ਜਾਤੀ ॥ ਨਾਨਕ ਰਾਮ ਨਾਮਿ ਮਤਿ ਊਤਮ ਹਰਿ ਬਖਸੇ ਪਾਰਿ ਉਤਾਰਾ ਹੇ ॥੧੭॥੪॥੧੦॥ {ਪੰਨਾ ੧੦੩੦-੧੦੩੧}

ਪਦ ਅਰਥ :—ਘਰਿ—ਘਰ ਵਿਚ, ਆਪਣੇ ਆਪ ਵਿਚ, ਅਡੋਲਤਾ ਵਿਚ । ਮੁਗਧ—ਹੇ ਮੂਰਖ! ਅੰਤਰਗਤਿ—ਅੰਦਰ ਹੀ ਟਿਕੇ ਰਹਿ ਕੇ । ਧਿਆਨੇ—ਧਿਆਨ ਦੀ ਰਾਹੀਂ, ਸੁਰਤਿ ਜੋੜ ਕੇ । ਰਚਹੁ—ਲੀਨ ਰਹੋ । ਅਪਰੰਪਰਿ—ਅਪਰੰਪਰ (ਪ੍ਰਭੂ) ਵਿਚ, ਉਸ ਪ੍ਰਭੂ ਵਿਚ ਜੋ ਪਰੇ ਤੋਂ ਪਰੇ ਹੈ ।੧।

ਜਮੁ—ਮੌਤ, ਆਤਮਕ ਮੌਤ । ਜੋਹਣਿ ਲਾਗੈ—ਤੱਕਣ ਲੱਗ ਪੈਂਦਾ ਹੈ । ਸਭਿ—ਸਾਰੇ । ਫੁਨਿ—ਫਿਰ, ਉਹਨਾਂ ਦੇ ਥਾਂ । ਆਗੈ—ਜੀਵਨ-ਰਾਹ ਵਿਚ । ਗੁਰਮੁਖਿ—ਗੁਰੂ ਦੀ ਸਰਨ ਪੈ ਕੇ । ਜੀਅੜੇ—ਹੇ ਜਿੰਦੇ! ਪਰਮ ਤਤੁ—ਸਭ ਤੋਂ ਵੱਡਾ ਮੂਲ, ਪਰਮਾਤਮਾ ।੨।

ਅੰਤਰਿ—(ਆਪਣੇ) ਅੰਦਰ । ਅਹਿ—ਦਿਨ । ਨਿਸਿ—ਰਾਤ । ਰਾਮ ਰੰਗਿ—ਪਰਮਾਤਮਾ ਦੇ ਰੰਗ ਵਿਚ । ਸਾਰਾ—ਸ੍ਰੇਸ਼ਟ ।੩।

ਟੋਲਹੁ—ਲੱਭੋ । ਘਰੁ—ਉਹ ਥਾਂ ਜਿਥੇ ਸਦਾ ਟਿਕੇ ਰਹਿ ਸਕੀਏ । ਬਹੁੜਿ—ਮੁੜ ਮੁੜ ।੪।

ਸਚੁ—ਸਦਾ-ਥਿਰ ਰਹਿਣ ਵਾਲਾ । ਤੀਰਥਿ—ਤੀਰਥ ਉਤੇ । ਤਤੁ—ਮੂਲ-ਪ੍ਰਭੂ । ਅੰਤ ਕਾਲਿ—ਅਖ਼ੀਰਲੇ ਸਮੇ । ਜਮੁ—ਮੌਤ (ਦਾ ਡਰ) ।੫।

ਦਾਨਾ—ਸਿਆਣਾ । ਜਿਸੁ ਅੰਤਰਿ—ਜਿਸ (ਗੁਰੂ) ਦੇ ਅੰਦਰ । ਸਬਦਿ—ਪ੍ਰਭੂ ਦੀ ਸਿਫ਼ਤਿ-ਸਾਲਾਹ ਵਿਚ । ਮੇਲਿ—ਸੰਗਤਿ ਵਿਚ । ਭੈ ਭਾਰਾ—ਡਰ-ਸਹਿਮ ਦਾ ਭਾਰ ।੬।

ਮਿਲਿ—ਮਿਲ ਕੇ । ਕਾਇਆ—ਸਰੀਰ । ਤਿਸੁ ਮਹਿ—ਉਸ (ਸਰੀਰ) ਵਿਚ । ਲੈ ਚੀਨੀ—ਚੀਨਿ ਲੈ, ਪਛਾਣ ਲੈ । ਸਬਦਿ—ਗੁਰੂ ਦੇ ਸ਼ਬਦ ਦੀ ਰਾਹੀਂ ।੭।

ਜਨ ਭਾਈ—ਹੇ ਭਾਈ ਜਨੋ! ਸੰਤੋਖਿ—ਸੰਤੋਖ ਵਿਚ । ਗਹਹੁ—ਗ੍ਰਹਿਣ ਕਰੋ । ਚੀਨਿ—ਪਛਾਣ ਕੇ । ਪਰਾਤਮੁ—ਪਰ ਆਤਮੁ, ਪਰਮ ਆਤਮਾ, ਪਰਮਾਤਮਾ ।੮।

ਕੂੜ—ਮਾਇਆ ਦਾ ਮੋਹ । ਟੇਕ—ਆਸਰਾ । ਗ੍ਰਭ—ਗਰਭ ।੯।

ਕਾਣਿ—ਡਰ । ਚੂਕੈ—ਮੁੱਕਦੀ । ਲੀਜੈ—ਲਈ ਜਾਂਦੀ ਹੈ, ਵਸੂਲ ਕੀਤੀ ਜਾਂਦੀ ਹੈ । ਅਫਰਿਓ—ਅਹੰਕਾਰੀ ਦੇ (ਸਿਰ ਉਤੇ) । ਅਫਾਰਾ—ਅਸਹਿ ।੧੦।

ਕੋ ਸਾਕਤੁ—ਕੇਹੜਾ ਸਾਕਤ? ਭਵਜਲਿ—ਭਵਜਲ ਵਿਚ । ਪਾਰੁ—ਪਾਰਲਾ ਬੰਨਾ । ਪਾਰਿ—ਪਾਰਲੇ ਬੰਨੇ, ਪਾਰਲੇ ਪਾਸੇ ।੧੧।

ਸੋਈ—ਉਹ (ਪ੍ਰਭੂ) ਹੀ । ਮਨਿ—ਮਨ ਵਿਚ । ਅਪਰ—ਜਿਸ ਤੋਂ ਪਰੇ ਹੋਰ ਕੋਈ ਨਹੀਂ ।੧੨।

ਤੇ—ਤੋਂ । ਭੂਲੇ—ਖੁੰਝੇ ਹੋਏ । ਅਚੇਤ—ਗ਼ਾਫ਼ਿਲ, ਅਵੇਸਲੇ, ਬੇ-ਪਰਵਾਹ । ਤਾ—ਤੋਂ ।੧੩।

ਜਿਨਿ ਦਾਤੇ—ਜਿਸ ਦਾਤੇ ਨੇ । ਕਉ—ਨੂੰ । ਪ੍ਰਾਣੀ—ਹੇ ਪ੍ਰਾਣੀ! ਸਹੁ—ਸਹਾਰ । ਕਰਾਰਾ—ਸਖ਼ਤ ।੧੪।

ਮਮਤਾ—ਅਪਣੱਤ । ਬਿਖੁ—ਜ਼ਹਿਰ । ਛਾਰੁ—ਸੁਆਹ ।੧੫।

ਅਕਥੁ—ਉਹ ਪ੍ਰਭੂ ਜਿਸ ਦੇ ਗੁਣ ਬਿਆਨ ਨਹੀਂ ਕੀਤੇ ਜਾ ਸਕਦੇ । ਮਨਹਿ—ਮਨਿ ਹੀ, ਮਨ ਵਿਚ ਹੀ । ਚਲਤਾ—ਭਟਕਦਾ । ਠਾਕਿ—ਰੋਕ ਕੇ । ਘਰਿ ਅਪੁਨੈ—ਅਪਨੇ ਘਰ ਵਿਚ ।੧੬।

ਪਰਾਤੀ—ਪਛਾਣੀ । ਗੁਰਮੁਖਿ—ਉਹ ਮਨੁੱਖ ਜਿਸ ਦਾ ਮੂੰਹ ਗੁਰੂ ਵਲ ਹੈ । ਗੁਰਮੁਖਿ—ਗੁਰੂ ਦੀ ਰਾਹੀਂ ।੧੭।

ਅਰਥ :—ਹੇ ਅੰਞਾਣ ਮੂਰਖ ਮਨ! ਅਡੋਲਤਾ ਵਿਚ ਟਿਕਿਆ ਰਹੁ । ਆਪਣੇ ਅੰਦਰ ਹੀ ਟਿਕਿਆ ਰਹਿ ਕੇ ਤੇ ਸੁਰਤਿ ਜੋੜ ਕੇ ਪ੍ਰਭੂ ਦਾ ਨਾਮ ਜਪ । (ਹੇ ਮਨ! ਮਾਇਆ ਦਾ) ਲਾਲਚ ਛੱਡ ਕੇ ਉਸ ਪ੍ਰਭੂ ਵਿਚ ਲੀਨ ਰਹੁ ਜੋ ਪਰੇ ਤੋਂ ਪਰੇ ਹੈ (ਜਿਸ ਤੋਂ ਅਗਾਂਹ ਕੋਈ ਹੋਰ ਹਸਤੀ ਨਹੀਂ ਹੈ) । ਇਸੇ ਤਰ੍ਹਾਂ ਤੂੰ (ਮਾਇਆ ਦੇ ਲਾਲਚ ਤੋਂ) ਖ਼ਲਾਸੀ ਪਾਣ ਦਾ ਰਸਤਾ ਲੱਭ ਲਏਂਗਾ ।੧।

ਜਿਸ ਪ੍ਰਭੂ ਦੇ ਭੁੱਲ ਜਾਣ ਨਾਲ ਮੌਤ ਘੂਰਨ ਲੱਗ ਪੈਂਦੀ ਹੈ ਸਾਰੇ ਸੁਖ ਦੂਰ ਹੋ ਜਾਂਦੇ ਹਨ ਤੇ ਉਹਨਾਂ ਦੇ ਥਾਂ ਜੀਵਨ-ਪੰਧ ਵਿਚ ਦੁੱਖ ਹੀ ਦੁੱਖ ਵਾਪਰਦੇ ਹਨ, ਹੇ ਜਿੰਦੇ! ਗੁਰੂ ਦੀ ਸਰਨ ਪੈ ਕੇ ਉਸ ਪ੍ਰਭੂ ਦਾ ਨਾਮ ਜਪ, ਤੇ ਉਸ ਜਗਤ ਦੇ ਮੂਲ ਪ੍ਰਭੂ ਨੂੰ ਆਪਣੇ ਸੋਚ ਦੇ ਮੰਡਲ ਵਿਚ ਟਿਕਾ ਰੱਖ ।੨।

ਹੇ ਜਿੰਦੇ! ਸਦਾ ਪਰਮਾਤਮਾ ਦਾ ਨਾਮ ਜਪ (ਜਪਿਆਂ ਹੀ ਸਮਝ ਪਏਗੀ ਕਿ ਨਾਮ ਜਪਣ ਦਾ) ਮਿੱਠਾ ਸੁਆਦ ਹੈ । ਗੁਰੂ ਦੀ ਸਰਨ ਪੈ ਕੇ ਇਹ ਨਾਮ-ਰਸ ਆਪਣੇ ਅੰਦਰ ਹੀ ਅਨੁਭਵ ਕਰ ਸਕੀਦਾ ਹੈ । (ਹੇ ਭਾਈ!) ਦਿਨ ਰਾਤ ਪਰਮਾਤਮਾ ਦੇ ਨਾਮ-ਰੰਗ ਵਿਚ ਰੰਗੇ ਰਹੋ, ਇਹ ਨਾਮ-ਰੰਗ ਹੀ ਸ੍ਰੇਸ਼ਟ ਤਪ ਹੈ, ਸ੍ਰੇਸ਼ਟ ਤਪ ਹੈ, ਸ੍ਰੇਸ਼ਟ ਸੰਜਮ ਹੈ ।੩।

(ਹੇ ਭਾਈ!) ਗੁਰੂ ਦੀ ਬਾਣੀ ਦੀ ਰਾਹੀਂ ਪਰਮਾਤਮਾ ਦਾ ਨਾਮ ਸਿਮਰੋ (ਆਤਮਕ ਆਨੰਦ ਮਿਲੇਗਾ, ਪਰ ਇਹ ਆਨੰਦ ਸਾਧ ਸੰਗਤਿ ਵਿਚ ਪ੍ਰਾਪਤ ਹੁੰਦਾ ਹੈ) ਸਾਧ ਸੰਗਤਿ ਵਿਚ ਜਾ ਕੇ ਇਸ ਆਨੰਦ ਦੀ ਭਾਲ ਕਰੋ । ਗੁਰੂ ਦੀ ਮਤਿ ਤੇ ਤੁਰ ਕੇ ਆਪਣਾ ਉਹ ਆਤਮਕ ਟਿਕਾਣਾ ਲੱਭੋ ਜਿਥੇ ਪਹੁੰਚ ਕੇ ਮੁੜ ਜਨਮ ਮਰਨ ਦੇ ਗੇੜ ਵਿਚ ਨਾਹ ਪੈਣਾ ਪਏ ।੪।

ਸਦਾ-ਥਿਰ ਪ੍ਰਭੂ ਦਾ ਨਾਮ (ਸਿਮਰੋ), ਪਰਮਾਤਮਾ ਦੇ ਗੁਣ ਗਾਵੋ (ਇਹੀ ਹੈ ਤੀਰਥ-ਇਸ਼ਨਾਨ, ਇਸ) ਤੀਰਥ ਉਤੇ ਇਸ਼ਨਾਨ ਕਰੋ । ਪਰਮਾਤਮਾ ਦੇ ਚਰਨਾਂ ਵਿਚ ਸੁਰਤਿ ਜੋੜੋ, ਪਰਮਾਤਮਾ ਦੇ ਗੁਣਾਂ ਨੂੰ ਵਿਚਾਰੋ । ਪਿਆਰੇ ਪ੍ਰਭੂ ਦਾ ਨਾਮ ਸਿਮਰੋ, ਅਖ਼ੀਰਲੇ ਸਮੇ ਮੌਤ ਦਾ ਡਰ ਪੋਹ ਨਹੀਂ ਸਕੇਗਾ ।੪।

ਗੁਰੂ ਅਕਾਲ ਪੁਰਖ (ਦਾ ਰੂਪ) ਹੈ, ਸਭ ਦਾਤਾਂ ਦੇਣ ਦੇ ਸਮਰੱਥ ਹੈ, ਬੜਾ ਸਿਆਣਾ ਹੈ, ਉਸ ਦੇ ਹਿਰਦੇ ਵਿਚ ਸਦਾ-ਥਿਰ ਪ੍ਰਭੂ ਸਦਾ ਵੱਸਦਾ ਹੈ, ਉਹ ਪਰਮਾਤਮਾ ਦੀ ਸਿਫ਼ਤਿ-ਸਾਲਾਹ ਵਿਚ ਸਦਾ ਲੀਨ ਰਹਿੰਦਾ ਹੈ, ਉਹ ਗੁਰੂ ਜਿਸ ਮਨੁੱਖ ਨੂੰ ਆਪਣੀ ਸੰਗਤਿ ਵਿਚ ਮਿਲਾਂਦਾ ਹੈ ਉਸ (ਦੇ ਸਿਰ) ਤੋਂ ਜਮਾਂ ਦੇ ਡਰ ਦਾ ਭਾਰ ਦੂਰ ਹੋ ਜਾਂਦਾ ਹੈ ।੬।

(ਹੇ ਭਾਈ! ਆਪਣੇ) ਇਸ ਸਰੀਰ ਵਿਚ, ਜੋ ਪਰਮਾਤਮਾ ਨੇ ਪੰਜ (ਵਿਰੋਧੀ) ਤੱਤ ਰਲਾ ਕੇ ਬਣਾਇਆ ਹੈ, ਪਰਮਾਤਮਾ ਦਾ ਨਾਮ-ਰਤਨ ਖੋਜ ਕੇ ਲੱਭ ਲੈ । (ਜਿਉਂ ਜਿਉਂ) ਗੁਰੂ ਦੇ ਸ਼ਬਦ ਦੀ ਰਾਹੀਂ ਵਿਚਾਰ ਕਰੀਏ, (ਤਿਉਂ ਤਿਉਂ ਇਹ ਸਮਝ ਆ ਜਾਂਦੀ ਹੈ ਕਿ) ਆਤਮਾ ਤੇ ਪਰਮਾਤਮਾ ਇਕ-ਰੂਪ ਹਨ ।੭।

ਹੇ ਭਾਈ ਜਨੋ! ਸੇਵਾ ਤੇ ਸੰਤੋਖ ਵਿਚ ਜੀਵਨ ਬਿਤਾਵੋ । ਗੁਰੂ ਦੀ ਸਰਨ ਪੈ ਕੇ ਦੂਜਿਆਂ ਦੀ ਵਧੀਕੀ ਸਹਾਰਨ ਦਾ ਗੁਣ ਗ੍ਰਹਣ ਕਰੋ । ਆਪਣੇ ਆਤਮਾ ਨੂੰ ਪਛਾਣ ਕੇ ਦੂਜਿਆਂ ਦੇ ਆਤਮਾ ਨੂੰ ਭੀ ਪਛਾਣੋ । ਗੁਰੂ ਦੀ ਸੰਗਤਿ ਵਿਚ ਰਿਹਾਂ ਇਹ ਨਿਰਨਾ ਆਉਂਦਾ ਹੈ ।੮।

ਮਾਇਆ-ਵੇੜ੍ਹੇ ਬੰਦੇ ਮਾਇਆ ਦੇ ਮੋਹ ਵਿਚ ਤੇ ਛਲ ਵਿਚ (ਆਪਣੇ ਜੀਵਨ ਦਾ) ਆਸਰਾ (ਭਾਲਦੇ ਹਨ), ਉਹ ਦਿਨ ਰਾਤ ਅਨੇਕਾਂ ਕਿਸਮਾਂ ਦੀ ਪਰਾਈ ਨਿੰਦਾ ਕਰਦੇ ਰਹਿੰਦੇ ਹਨ । ਸਿਮਰਨ ਤੋਂ ਵਾਂਝੇ ਰਹਿ ਕੇ ਉਹ (ਇਸ ਨਿੰਦਾ ਆਦਿਕ ਦੇ ਕੁਰਾਹੇ ਪੈ ਕੇ) ਜਨਮ ਮਰਨ ਦੇ ਗੇੜ ਵਿਚ ਪੈ ਜਾਂਦੇ ਹਨ, ਗਰਭ-ਜੂਨ ਦੇ ਨਰਕਾਂ ਵਿਚ ਪੈਂਦੇ ਹਨ ।੯।

ਮਾਇਆ-ਵੇੜ੍ਹੇ ਜੀਵਾਂ ਦੇ ਅੰਦਰੋਂ ਜਮ ਦਾ ਡਰ ਦੂਰ ਨਹੀਂ ਹੁੰਦਾ, ਜਮ ਦੀ ਸਜ਼ਾ ਉਹਨਾਂ ਦੇ ਸਿਰ ਤੋਂ ਨਹੀਂ ਟਲਦੀ । ਅਹੰਕਾਰੀਆਂ ਦੇ ਸਿਰ ਉਤੇ (ਵਿਕਾਰਾਂ ਦਾ) ਅਸਹਿ ਭਾਰ ਟਿਕਿਆ ਰਹਿੰਦਾ ਹੈ (ਇਹ, ਮਾਨੋ, ਉਹਨਾਂ ਦੇ ਸਿਰ ਉਤੇ ਕਰਜ਼ਾ ਹੈ) ਧਰਮਰਾਜ ਦੇ ਇਸ ਕਰਜ਼ੇ ਦਾ ਲੇਖਾ ਉਹਨਾਂ ਪਾਸੋਂ ਲਿਆ ਹੀ ਜਾਂਦਾ ਹੈ ।੧੦।

ਗੁਰੂ ਦੀ ਸਰਨ ਤੋਂ ਬਿਨਾ ਕੋਈ ਭੀ ਮਾਇਆ-ਵੇੜ੍ਹਿਆ ਬੰਦਾ (ਮਾਇਆ-ਮੋਹ ਦੇ ਸਮੁੰਦਰ ਤੋਂ) ਪਾਰ ਨਹੀਂ ਲੰਘ ਸਕਦਾ (ਮਾਇਆ ਦੀ ਮਸਤੀ ਦੇ ਕਾਰਨ ਉਹ) 'ਹਉ ਹਉ ਮੈਂ ਮੈਂ' ਕਰਦਾ ਸੰਸਾਰ-ਸਮੁੰਦਰ ਵਿਚ ਡੁੱਬਾ ਰਹਿੰਦਾ ਹੈ । ਗੁਰੂ ਤੋਂ ਬਿਨਾ ਕੋਈ ਮਨੁੱਖ (ਇਸ ਸਮੁੰਦਰ ਦਾ) ਪਾਰਲਾ ਬੰਨਾ ਨਹੀਂ ਲੱਭ ਸਕਦਾ । ਪਰਮਾਤਮਾ ਦਾ ਨਾਮ ਜਪਣਾ ਚਾਹੀਦਾ ਹੈ, (ਨਾਮ ਜਪਿਆਂ ਹੀ) ਪਾਰਲੇ ਕੰਢੇ ਪਹੁੰਚ ਸਕੀਦਾ ਹੈ ।੧੧।

ਜਿਸ ਮਨੁੱਖ ਉਤੇ ਗੁਰੂ ਬਖ਼ਸ਼ਸ਼ ਕਰਦਾ ਹੈ ਉਸ ਨੂੰ (ਸੰਸਾਰ-ਸਮੁੰਦਰ ਤੋਂ) ਪਾਰ ਲੰਘਾ ਲੈਂਦਾ ਹੈ, ਕੋਈ ਆਦਮੀ ਗੁਰੂ ਦੀ ਇਸ ਬਖ਼ਸ਼ਸ਼ ਦੇ ਰਾਹ ਵਿਚ ਰੁਕਾਵਟ ਨਹੀਂ ਪਾ ਸਕਦਾ । (ਗੁਰੂ ਦੀ ਮੇਹਰ ਨਾਲ) ਜਿਸ ਮਨੁੱਖ ਦੇ ਮਨ ਵਿਚ ਉਹ ਅਪਰ ਅਪਾਰ ਪ੍ਰਭੂ ਆ ਵੱਸਦਾ ਹੈ ਜਨਮ ਮਰਨ ਦਾ ਦੁੱਖ ਉਸ ਦੇ ਨੇੜੇ ਨਹੀਂ ਢੁਕਦਾ ।੧੨।

ਹੇ ਭਾਈ! ਜੇ ਗੁਰੂ ਦੇ ਦਰ ਤੋਂ ਖੁੰਝੇ ਰਹੋਗੇ ਤਾਂ (ਸੰਸਾਰ ਵਿਚ ਮੁੜ ਮੁੜ) ਜੰਮਦੇ ਮਰਦੇ ਰਹੋਗੇ, ਜਨਮ ਮਰਨ ਦੇ ਗੇੜ ਵਿਚ ਪਏ ਰਹੋਗੇ ਤੇ ਪਾਪ-ਕਰਮ ਕਰਦੇ ਰਹੋਗੇ । ਮਾਇਆ-ਵੇੜ੍ਹੇ ਮੂਰਖ ਗ਼ਾਫ਼ਿਲ ਮਨੁੱਖ ਪਰਮਾਤਮਾ ਨੂੰ ਯਾਦ ਨਹੀਂ ਕਰਦੇ, ਜਦੋਂ ਕੋਈ ਦੁੱਖ ਵਿਆਪਦਾ ਹੈ ਤਾਂ ਉਸ ਵੇਲੇ 'ਹਾਇ ਰਾਮ! ਹਾਇ ਰਾਮ!' ਪੁਕਾਰਦੇ ਹਨ ।੧੩।

ਹੇ ਪ੍ਰਾਣੀ! ਪੂਰਬਲੇ ਜਨਮਾਂ ਦੇ ਕੀਤੇ ਕਰਮਾਂ ਅਨੁਸਾਰ ਦੁਖ ਸੁਖ ਭੋਗੀਦੇ ਹਨ, ਇਸ ਭੇਤ ਨੂੰ ਉਹੀ ਪਰਮਾਤਮਾ ਜਾਣਦਾ ਹੈ ਜਿਸ ਨੇ (ਇਹ ਦੁਖ ਸੁਖ ਭੋਗਣੇ) ਦਿੱਤੇ ਹਨ । ਹੇ ਪ੍ਰਾਣੀ! (ਵਾਪਰੇ ਦੁੱਖਾਂ ਦੇ ਕਾਰਨ) ਤੂੰ ਕਿਸੇ ਹੋਰ ਨੂੰ ਦੋਸ਼ ਨਹੀਂ ਦੇ ਸਕਦਾ, ਇਹ ਤਾਂ ਆਪਣੇ ਹੀ ਕੀਤੇ ਕਰਮਾਂ ਦਾ ਕਰੜਾ ਫਲ ਸਹਾਰ ।੧੪।

ਜੀਵ ਦੁਨੀਆ ਦੀਆਂ ਆਸਾਂ ਤੇ ਮਨ ਦੇ ਮਾਇਕ ਫੁਰਨਿਆਂ ਵਿਚ ਬੱਝਾ ਚਲਾ ਆ ਰਿਹਾ ਹੈ, (ਜਨਮ ਜਨਮਾਂਤਰਾਂ ਤੋਂ) ਹਉਮੈ ਤੇ ਮਮਤਾ ਅਹੰਕਾਰ-ਭਰੀਆਂ ਗੱਲਾਂ ਕਰਦਾ ਆ ਰਿਹਾ ਹੈ । 'ਇਹ ਮਾਇਆ ਮੇਰੀ ਹੈ ਇਹ ਮਾਇਆ ਮੇਰੀ ਹੈ'—ਇਹ ਆਖ ਆਖ ਕੇ ਇਥੋਂ ਆਪਣੇ ਨਾਲ ਭੀ ਕੁਝ ਨਹੀਂ ਲੈ ਜਾ ਸਕਦਾ । ਵਿਕਾਰਾਂ ਦੀ ਸੁਆਹ ਵਿਕਾਰਾਂ ਦਾ ਜ਼ਹਰ ਹੀ ਲੱਦ ਲੈਂਦਾ ਹੈ (ਜੋ ਇਸ ਦੇ ਆਤਮਕ ਜੀਵਨ ਨੂੰ ਮਾਰ ਦੇਂਦਾ ਹੈ) ।੧੫।

ਹੇ ਭਾਈ ਜਨੋ! ਪਰਮਾਤਮਾ ਦੀ ਭਗਤੀ ਕਰੋ । ਉਸ ਪਰਮਾਤਮਾ ਨੂੰ ਯਾਦ ਕਰਦੇ ਰਹੋ ਜਿਸ ਦੇ ਗੁਣ ਬਿਆਨ ਨਹੀਂ ਕੀਤੇ ਜਾ ਸਕਦੇ, (ਇਸ ਤਰ੍ਹਾਂ ਇਹ ਵਿਕਾਰੀ) ਮਨ (ਰੱਬ) ਮਨ ਵਿਚ ਹੀ ਲੀਨ ਹੋ ਜਾਇਗਾ । ਹੇ ਭਾਈ! ਇਸ ਮਨ ਨੂੰ ਜੋ (ਮਾਇਆ ਦੇ ਪਿੱਛੇ) ਉਠ ਉਠ ਕੇ ਭੱਜਦਾ ਹੈ ਰੋਕ ਕੇ ਆਪਣੇ ਅਡੋਲ ਆਤਮਕ ਟਿਕਾਣੇ ਵਿਚ ਕਾਬੂ ਕਰ ਰੱਖੋ । (ਇਸ ਤਰ੍ਹਾਂ) ਸਾਰੇ ਦੁੱਖ ਕੱਟਣ ਦੇ ਸਮਰੱਥ ਪ੍ਰਭੂ ਦੁੱਖ ਦੂਰ ਕਰ ਦੇਵੇਗਾ ।੧੬।

ਜਿਸ ਮਨੁੱਖ ਨੇ ਪਰਮਾਤਮਾ ਦੀ ਤੇ ਪੂਰੇ ਗੁਰੂ ਦੀ ਸਰਨ ਦੀ ਕਦਰ ਪਛਾਣ ਲਈ ਹੈ, ਜਿਸ ਨੇ ਗੁਰੂ ਦੇ ਸਨਮੁਖ ਹੋ ਕੇ ਗੁਰੂ ਦੀ ਰਾਹੀਂ ਪਰਮਾਤਮਾ ਵਿਚ ਸੁਰਤਿ ਜੋੜਨੀ ਸਮਝ ਲਈ ਹੈ, ਹੇ ਨਾਨਕ! ਪਰਮਾਤਮਾ ਦੇ ਨਾਮ ਵਿਚ ਜੁੜ ਕੇ ਉਸ ਦੀ ਮਤਿ ਸ੍ਰੇਸ਼ਟ ਹੋ ਜਾਂਦੀ ਹੈ, ਪਰਮਾਤਮਾ ਉਸ ਉਤੇ ਮੇਹਰ ਕਰਦਾ ਹੈ ਤੇ ਉਸ ਨੂੰ (ਸੰਸਾਰ-ਸਮੁੰਦਰ ਤੋਂ) ਪਾਰ ਲੰਘਾ ਲੈਂਦਾ ਹੈ ।੧੭।੪।੧੦।

ਮਾਰੂ ਮਹਲਾ ੧ ॥ ਸਰਣਿ ਪਰੇ ਗੁਰਦੇਵ ਤੁਮਾਰੀ ॥ ਤੂ ਸਮਰਥੁ ਦਇਆਲੁ ਮੁਰਾਰੀ ॥ ਤੇਰੇ ਚੋਜ ਨ ਜਾਣੈ ਕੋਈ ਤੂ ਪੂਰਾ ਪੁਰਖੁ ਬਿਧਾਤਾ ਹੇ ॥੧॥ ਤੂ ਆਦਿ ਜੁਗਾਦਿ ਕਰਹਿ ਪ੍ਰਤਿਪਾਲਾ ॥ ਘਟਿ ਘਟਿ ਰੂਪੁ ਅਨੂਪੁ ਦਇਆਲਾ ॥ ਜਿਉ ਤੁਧੁ ਭਾਵੈ ਤਿਵੈ ਚਲਾਵਹਿ ਸਭੁ ਤੇਰੋ ਕੀਆ ਕਮਾਤਾ ਹੇ ॥੨॥ ਅੰਤਰਿ ਜੋਤਿ ਭਲੀ ਜਗਜੀਵਨ ॥ ਸਭਿ ਘਟ ਭੋਗੈ ਹਰਿ ਰਸੁ ਪੀਵਨ ॥ ਆਪੇ ਲੇਵੈ ਆਪੇ ਦੇਵੈ ਤਿਹੁ ਲੋਈ ਜਗਤ ਪਿਤ ਦਾਤਾ ਹੇ ॥੩॥ ਜਗਤੁ ਉਪਾਇ ਖੇਲੁ ਰਚਾਇਆ ॥ ਪਵਣੈ ਪਾਣੀ ਅਗਨੀ ਜੀਉ ਪਾਇਆ ॥ ਦੇਹੀ ਨਗਰੀ ਨਉ ਦਰਵਾਜੇ ਸੋ ਦਸਵਾ ਗੁਪਤੁ ਰਹਾਤਾ ਹੇ ॥੪॥ ਚਾਰਿ ਨਦੀ ਅਗਨੀ ਅਸਰਾਲਾ ॥ ਕੋਈ ਗੁਰਮੁਖਿ ਬੂਝੈ ਸਬਦਿ ਨਿਰਾਲਾ ॥ ਸਾਕਤ ਦੁਰਮਤਿ ਡੂਬਹਿ ਦਾਝਹਿ ਗੁਰਿ ਰਾਖੇ ਹਰਿ ਲਿਵ ਰਾਤਾ ਹੇ ॥੫॥ ਅਪੁ ਤੇਜੁ ਵਾਇ ਪ੍ਰਿਥਮੀ ਆਕਾਸਾ ॥ ਤਿਨ ਮਹਿ ਪੰਚ ਤਤੁ ਘਰਿ ਵਾਸਾ ॥ ਸਤਿਗੁਰ ਸਬਦਿ ਰਹਹਿ ਰੰਗਿ ਰਾਤਾ ਤਜਿ ਮਾਇਆ ਹਉਮੈ ਭ੍ਰਾਤਾ ਹੇ ॥੬॥ ਇਹੁ ਮਨੁ ਭੀਜੈ ਸਬਦਿ ਪਤੀਜੈ ॥ ਬਿਨੁ ਨਾਵੈ ਕਿਆ ਟੇਕ ਟਿਕੀਜੈ ॥ ਅੰਤਰਿ ਚੋਰੁ ਮੁਹੈ ਘਰੁ ਮੰਦਰੁ ਇਨਿ ਸਾਕਤਿ ਦੂਤੁ ਨ ਜਾਤਾ ਹੇ ॥੭॥ ਦੁੰਦਰ ਦੂਤ ਭੂਤ ਭੀਹਾਲੇ ॥ ਖਿੰਚੋਤਾਣਿ ਕਰਹਿ ਬੇਤਾਲੇ ॥ ਸਬਦ ਸੁਰਤਿ ਬਿਨੁ ਆਵੈ ਜਾਵੈ ਪਤਿ ਖੋਈ ਆਵਤ ਜਾਤਾ ਹੇ ॥੮॥ ਕੂੜੁ ਕਲਰੁ ਤਨੁ ਭਸਮੈ ਢੇਰੀ ॥ ਬਿਨੁ ਨਾਵੈ ਕੈਸੀ ਪਤਿ ਤੇਰੀ ॥ ਬਾਧੇ ਮੁਕਤਿ ਨਾਹੀ ਜੁਗ ਚਾਰੇ ਜਮ ਕੰਕਰਿ ਕਾਲਿ ਪਰਾਤਾ ਹੇ ॥੯॥ ਜਮ ਦਰਿ ਬਾਧੇ ਮਿਲਹਿ ਸਜਾਈ ॥ ਤਿਸੁ ਅਪਰਾਧੀ ਗਤਿ ਨਹੀ ਕਾਈ ॥ ਕਰਣ ਪਲਾਵ ਕਰੇ ਬਿਲਲਾਵੈ ਜਿਉ ਕੁੰਡੀ ਮੀਨੁ ਪਰਾਤਾ ਹੇ ॥੧੦॥ ਸਾਕਤੁ ਫਾਸੀ ਪੜੈ ਇਕੇਲਾ ॥ ਜਮ ਵਸਿ ਕੀਆ ਅੰਧੁ ਦੁਹੇਲਾ ॥ ਰਾਮ ਨਾਮ ਬਿਨੁ ਮੁਕਤਿ ਨ ਸੂਝੈ ਆਜੁ ਕਾਲਿ ਪਚਿ ਜਾਤਾ ਹੇ ॥੧੧॥ ਸਤਿਗੁਰ ਬਾਝੁ ਨ ਬੇਲੀ ਕੋਈ ॥ ਐਥੈ ਓਥੈ ਰਾਖਾ ਪ੍ਰਭੁ ਸੋਈ ॥ ਰਾਮ ਨਾਮੁ ਦੇਵੈ ਕਰਿ ਕਿਰਪਾ ਇਉ ਸਲਲੈ ਸਲਲ ਮਿਲਾਤਾ ਹੇ ॥੧੨॥ ਭੂਲੇ ਸਿਖ ਗੁਰੂ ਸਮਝਾਏ ॥ ਉਝੜਿ ਜਾਦੇ ਮਾਰਗਿ ਪਾਏ ॥ ਤਿਸੁ ਗੁਰ ਸੇਵਿ ਸਦਾ ਦਿਨੁ ਰਾਤੀ ਦੁਖ ਭੰਜਨ ਸੰਗਿ ਸਖਾਤਾ ਹੇ ॥੧੩॥ ਗੁਰ ਕੀ ਭਗਤਿ ਕਰਹਿ ਕਿਆ ਪ੍ਰਾਣੀ ॥ ਬ੍ਰਹਮੈ ਇੰਦ੍ਰਿ ਮਹੇਸਿ ਨ ਜਾਣੀ ॥ ਸਤਿਗੁਰੁ ਅਲਖੁ ਕਹਹੁ ਕਿਉ ਲਖੀਐ ਜਿਸੁ ਬਖਸੇ ਤਿਸਹਿ ਪਛਾਤਾ ਹੇ ॥੧੪॥ ਅੰਤਰਿ ਪ੍ਰੇਮੁ ਪਰਾਪਤਿ ਦਰਸਨੁ ॥ ਗੁਰਬਾਣੀ ਸਿਉ ਪ੍ਰੀਤਿ ਸੁ ਪਰਸਨੁ ॥ ਅਹਿਨਿਸਿ ਨਿਰਮਲ ਜੋਤਿ ਸਬਾਈ ਘਟਿ ਦੀਪਕੁ ਗੁਰਮੁਖਿ ਜਾਤਾ ਹੇ ॥੧੫॥ ਭੋਜਨ ਗਿਆਨੁ ਮਹਾ ਰਸੁ ਮੀਠਾ ॥ ਜਿਨਿ ਚਾਖਿਆ ਤਿਨਿ ਦਰਸਨੁ ਡੀਠਾ ॥ ਦਰਸਨੁ ਦੇਖਿ ਮਿਲੇ ਬੈਰਾਗੀ ਮਨੁ ਮਨਸਾ ਮਾਰਿ ਸਮਾਤਾ ਹੇ ॥੧੬॥ ਸਤਿਗੁਰੁ ਸੇਵਹਿ ਸੇ ਪਰਧਾਨਾ ॥ ਤਿਨ ਘਟ ਘਟ ਅੰਤਰਿ ਬ੍ਰਹਮੁ ਪਛਾਨਾ ॥ ਨਾਨਕ ਹਰਿ ਜਸੁ ਹਰਿ ਜਨ ਕੀ ਸੰਗਤਿ ਦੀਜੈ ਜਿਨ ਸਤਿਗੁਰੁ ਹਰਿ ਪ੍ਰਭੁ ਜਾਤਾ ਹੇ ॥੧੭॥੫॥੧੧॥ {ਪੰਨਾ ੧੦੩੧-੧੦੩੨}

ਪਦ ਅਰਥ :—ਗੁਰਦੇਵ—ਹੇ ਗੁਰ ਦੇਵ! ਹੇ ਸਭ ਤੋਂ ਵੱਡੇ ਦੇਵਤੇ! ਹੇ ਪ੍ਰਭੂ! ਮੁਰਾਰੀ—{ਮੁਰ-ਅਰਿ—ਮੁਰ ਦੈਂਤ ਦਾ ਵੈਰੀ} ਦੈਂਤਾਂ ਦਾ ਨਾਸ ਕਰਨ ਵਾਲਾ । ਚੋਜ—ਕੌਤਕ, ਤਮਾਸ਼ੇ । ਪੂਰਾ—ਸਾਰੇ ਗੁਣਾਂ ਦਾ ਮਾਲਕ । ਬਿਧਾਤਾ—ਪੈਦਾ ਕਰਨ ਵਾਲਾ ।੧।

ਆਦਿ—ਜਗਤ ਦੇ ਸ਼ੁਰੂ ਤੋਂ । ਜੁਗਾਦਿ—ਜੁਗਾਂ ਦੇ ਸ਼ੁਰੂ ਤੋਂ । ਘਟਿ ਘਟਿ—(ਤੂੰ) ਹਰੇਕ ਘਟ ਵਿਚ (ਹੈਂ) । ਰੂਪੁ ਅਨੂਪੁ—ਤੇਰਾ ਰੂਪ ਐਸਾ ਹੈ ਕਿ ਉਸ ਵਰਗਾ ਹੋਰ ਕਿਸੇ ਦਾ ਰੂਪ ਨਹੀਂ {ਅਨ-ਊਪ । ਊਪ—ਉਪਮਾ} । ਤੇਰੋ—ਤੇਰਾ ।੨।

ਜੋਤਿ ਜਗ ਜੀਵਨ—ਜਗਤ ਦੇ ਜੀਵਨ ਪ੍ਰਭੂ ਦੀ ਜੋਤਿ । ਭਲੀ—ਸੋਭ ਰਹੀ ਹੈ । ਸਭਿ—ਸਾਰੇ । ਤਿਹੁ ਲੋਈ—ਤਿੰਨਾਂ ਹੀ ਭਵਨਾਂ ਵਿਚ । ਲੋਈ—ਲੋਕ, ਭਵਨ {'ਕਹਤ ਕਬੀਰ ਸੁਨਹੁ ਰੇ ਲੋਈ' । ਰੇ ਲੋਈ—ਹੇ ਜਗਤ!} । ਜਗਤ ਪਿਤ—ਜਗਤ ਦਾ ਪਿਤਾ ।੩।

ਉਪਾਇ—ਪੈਦਾ ਕਰ ਕੇ । ਜੀਉ—ਜੀਵਾਤਮਾ । ਪਾਇਆ—ਰੱਖ ਦਿੱਤਾ । ਦੇਹੀ—ਸਰੀਰ । ਦਰਵਾਜੇ—ਕੰਨ ਨੱਕ ਆਦਿਕ ਗੋਲਕਾਂ, ਕਰਮ-ਇੰਦ੍ਰੇ । ਦਸਵਾ—ਦਸਵਾਂ ਦਰਵਾਜ਼ਾ (ਜਿਸ ਵਿਚੋਂ ਲੰਘ ਕੇ ਪਰਮਾਤਮਾ ਦੇ ਘਰ ਵਿਚ ਪਹੁੰਚੀਦਾ ਹੈ) । ਰਹਾਤਾ—ਰੱਖਦਾ ਹੈ ।੪।

ਚਾਰਿ ਨਦੀ—(ਹਿੰਸਾ, ਮੋਹ, ਲੋਭ, ਕ੍ਰੋਧ—ਇਹ) ਚਾਰੇ ਨਦੀਆਂ । ਅਸਰਾਲਾ—ਭਿਆਨਕ । ਨਿਰਾਲਾ—ਵਿਰਲਾ । ਸਾਕਤ—ਮਾਇਆ-ਵੇੜ੍ਹੇ ਜੀਵ । ਦਾਝਹਿ—ਸੜਦੇ ਹਨ । ਗੁਰਿ—ਗੁਰੂ ਨੇ । ਰਾਤਾ—ਰੱਤੇ ਹੋਏ, ਮਸਤ ।੫।

ਅਪੁ—{ਆਪੱ} ਪਾਣੀ । ਤੇਜੁ—ਅੱਗ । ਵਾਇ—ਹਵਾ । ਪੰਚ ਤਤੁ—ਪੰਜ-ਤੱਤੀ ਸਰੀਰ । ਤਿਨ ਮਹਿ—ਇਹਨਾਂ ਤੱਤਾਂ ਦੇ ਮੇਲ ਵਿਚ । ਘਰਿ—ਇਸ ਸਰੀਰ-ਘਰ ਵਿਚ । ਰੰਗਿ ਰਾਤਾ—ਪ੍ਰਭੂ ਦੇ ਪ੍ਰੇਮ-ਰੰਗ ਵਿਚ ਰੱਤੇ । ਭ੍ਰਾਤਾ—ਭ੍ਰਾਂਤੀ ।੬।

ਪਤੀਜੈ—ਪ੍ਰਸੰਨ ਹੁੰਦਾ ਹੈ, ਖਿੜਿਆ ਰਹਿੰਦਾ ਹੈ । ਟੇਕ—ਆਸਰਾ । ਚੋਰੁ—(ਵਿਕਾਰ ਵਿਚ ਫਸਿਆ) ਮਨ-ਚੋਰ । ਮੁਹੈ—ਲੁੱਟਦਾ ਹੈ । ਇਨਿ—ਇਸ ਨੇ । ਇਨਿ ਸਾਕਤਿ—ਇਸ ਸਾਕਤ ਨੇ । ਦੂਤੁ—ਵੈਰੀ ।੭।

ਦੁੰਦਰ—ਰੌਲਾ ਪਾਣ ਵਾਲੇ । ਦੂਤ—ਕਾਮਾਦਿਕ ਵੈਰੀ । ਭੀਹਾਲੇ—ਭਿਆਨਕ । ਬੇਤਾਲੇ—ਪ੍ਰੇਤ । ਖਿੰਚੋਤਾਣਿ—ਆਪੋ ਆਪਣੇ ਪਾਸੇ ਖਿੱਚਾ-ਖਿੱਚੀ । ਪਤਿ—ਇੱਜ਼ਤ । ਖੋਈ—ਗਵਾ ਲਈ ।੮।

ਭਸਮੈ—ਭਸਮ ਦੀ, ਸੁਆਹ ਦੀ । ਮੁਕਤਿ—ਖ਼ਲਾਸੀ । ਜੁਗ ਚਾਰੇ—ਚੌਹਾਂ ਜੁਗਾਂ ਵਿਚ ਹੀ, ਕਦੇ ਭੀ । ਜਮ ਕੰਕਰਿ—ਜਮ ਦੇ ਕਿੰਕਰ (ਦਾਸ) ਨੇ, ਜਮ-ਦੂਤ ਨੇ । ਕਾਲਿ—ਕਾਲ ਨੇ, ਆਤਮਕ ਮੌਤ ਨੇ । ਪਰਾਤਾ—ਪਛਾਣਿਆ ।੯।

ਦਰਿ—ਦਰ ਤੇ । ਮਿਲਹਿ—ਮਿਲਦੀਆਂ ਹਨ । ਗਤਿ—ਹਾਲਤ, ਦਸ਼ਾ । ਕਰਣ ਪਲਾਵ {ਕ{ਣਾ ਪ੍ਰਲਾਪ} ਤਰਲੇ, ਕੀਰਨੇ, ਤਰਸ-ਭਰੇ ਵਿਰਲਾਪ । ਮੀਨੁ—ਮੱਛੀ । ਪਰਾਤਾ—ਪੈ ਜਾਂਦਾ ਹੈ, ਫਸ ਜਾਂਦਾ ਹੈ ।੧੦।

ਪੜੈ—ਪੈਂਦਾ ਹੈ । ਜਮ ਵਸਿ—ਜਮ ਦੇ ਵੱਸ ਵਿਚ । ਅੰਧੁ—(ਮਾਇਆ ਦੇ ਮੋਹ ਵਿਚ) ਅੰਨ੍ਹਾ । ਦੁਹੇਲਾ—ਦੁਖੀ । ਆਜੁ ਕਾਲਿ—ਅੱਜ ਭੀ ਭਲਕ ਭੀ, ਹਰ ਰੋਜ਼ । ਪਚਿ ਜਾਤਾ—ਖ਼ੁਆਰ ਹੁੰਦਾ ਹੈ ।੧੧।

ਬੇਲੀ—ਮਦਦ ਕਰਨ ਵਾਲਾ, ਮਿੱਤਰ । ਐਥੈ—ਇਸ ਲੋਕ ਵਿਚ । ਓਥੈ—ਪਰਲੋਕ ਵਿਚ । ਸਲਲੈ—ਪਾਣੀ ਵਿਚ ।੧੨।

ਉਝੜਿ—ਗ਼ਲਤ ਰਸਤੇ ਤੇ । ਮਾਰਗਿ—(ਠੀਕ) ਰਾਹ ਤੇ । ਦੁਖ ਭੰਜਨ—ਦੁੱਖਾਂ ਦਾ ਨਾਸ ਕਰਨ ਵਾਲਾ ਪ੍ਰਭੂ । ਸੰਗਿ—ਨਾਲ । ਸਖਾਤਾ—ਸਖਾ, ਸਾਥੀ ।੧੩।

ਬ੍ਰਹਮੈ—ਬ੍ਰਹਮਾ ਨੇ । ਇੰਦ੍ਰਿ—ਇੰਦਰ ਨੇ । ਮਹੇਸਿ—ਮਹੇਸ਼ ਨੇ । ਅਲਖੁ—{ਅਲ™ਯ} ਅਦ੍ਰਿਸ਼ਟ, ਜਿਸ ਦੇ ਕੋਈ ਖ਼ਾਸ ਚਿਹਨ-ਚੱਕ੍ਰ ਨਹੀਂ । ਤਿਸਹਿ—ਉਸ ਨੇ ਹੀ ।੧੪।

ਪਰਸਨੁ—ਛੋਹ, ਮੇਲ । ਅਹਿ—ਦਿਨ । ਨਿਸਿ—ਰਾਤ । ਨਿਰਮਲ—ਪਵਿੱਤ੍ਰ । ਸਬਾਈ—ਸਾਰੀ ਲੋਕਾਈ ਵਿਚ । ਘਟਿ—(ਆਪਣੇ) ਹਿਰਦੇ-ਘਰ ਵਿਚ ।੧੫।

ਮਹਾ ਰਸੁ—ਬੜੇ ਸੁਆਦ ਵਾਲਾ । ਜਿਨਿ—ਜਿਸ ਮਨੁੱਖ ਨੇ । ਤਿਨਿ—ਉਸ (ਮਨੁੱਖ) ਨੇ । ਦੇਖਿ—ਵੇਖ ਕੇ । ਬੈਰਾਗੀ—ਪ੍ਰੇਮੀ ਜੀਵ । ਮਨਸਾ—ਮਨ ਦਾ ਮਾਇਕ ਫੁਰਨਾ {ਮਨੀ—'—ਇੱਛਾ, ਖ਼ਾਹਿਸ਼} ।੧੬।

ਸੇ—ਉਹ ਬੰਦੇ । ਪਰਧਾਨਾ—ਮੰਨੇ ਪ੍ਰਮੰਨੇ ਹੋਏ । ਤਿਨ—ਉਹਨਾਂ ਬੰਦਿਆਂ ਨੇ । ਨਾਨਕ—ਨਾਨਕ ਨੂੰ ।੧੭।

ਅਰਥ :—ਹੇ ਪ੍ਰਭੂ ! ਮੈਂ ਤੇਰੀ ਸਰਨ ਆ ਪਿਆ ਹਾਂ, ਤੂੰ (ਕਾਮਾਦਿਕ) ਵੈਰੀਆਂ ਦਾ ਮਾਰਨ ਵਾਲਾ ਹੈਂ, ਤੂੰ ਸਭ ਤਾਕਤਾਂ ਦਾ ਮਾਲਕ ਹੈਂ, ਤੂੰ ਦਇਆ ਦਾ ਸੋਮਾ ਹੈਂ । ਕੋਈ ਜੀਵ ਤੇਰੇ ਕੌਤਕ ਸਮਝ ਨਹੀਂ ਸਕਦਾ, ਤੂੰ ਸਭ ਗੁਣਾਂ ਦਾ ਮਾਲਕ ਹੈਂ, ਤੂੰ ਸਭ ਵਿਚ ਵਿਆਪਕ ਹੈਂ, ਤੂੰ ਸ੍ਰਿਸ਼ਟੀ ਦਾ ਪੈਦਾ ਕਰਨ ਵਾਲਾ ਹੈਂ ।੧।

ਜਗਤ ਦੇ ਸ਼ੁਰੂ ਤੋਂ ਹੀ ਜੁਗਾਂ ਦੇ ਸ਼ੁਰੂ ਤੋਂ ਹੀ ਤੂੰ (ਸਭ ਜੀਵਾਂ ਦੀ) ਪਾਲਣਾ ਕਰਦਾ ਆ ਰਿਹਾ ਹੈਂ, ਤੂੰ ਹਰੇਕ ਸਰੀਰ ਵਿਚ ਮੌਜੂਦ ਹੈਂ, ਤੇਰਾ ਰੂਪ ਐਸਾ ਹੈ ਕਿ ਉਸ ਵਰਗਾ ਹੋਰ ਕਿਸੇ ਦਾ ਨਹੀਂ, ਤੂੰ ਦਇਆ ਦਾ ਸੋਮਾ ਹੈਂ । ਜਿਵੇਂ ਤੈਨੂੰ ਚੰਗਾ ਲੱਗਦਾ ਹੈ ਤਿਵੇਂ ਤੂੰ ਸੰਸਾਰ ਦੀ ਕਾਰ ਚਲਾ ਰਿਹਾ ਹੈਂ, ਹਰੇਕ ਜੀਵ ਤੇਰਾ ਹੀ ਪ੍ਰੇਰਿਆ ਹੋਇਆ (ਕਰਮ) ਕਰਦਾ ਹੈ ।੨।

ਜਗਤ ਦੇ ਜੀਵਨ ਪ੍ਰਭੂ ਦੀ ਜੋਤਿ ਹਰੇਕ ਦੇ ਅੰਦਰ ਸੋਭ ਰਹੀ ਹੈ, ਸਾਰੇ ਸਰੀਰਾਂ ਵਿਚ ਵਿਆਪਕ ਹੋ ਕੇ ਪ੍ਰਭੂ ਆਪ ਹੀ ਆਪਣੇ ਨਾਮ ਦਾ ਰਸ ਪੀ ਰਿਹਾ ਹੈ, ਮਾਣ ਰਿਹਾ ਹੈ । ਇਹ ਹਰਿ-ਨਾਮ-ਰਸ ਆਪ ਹੀ (ਜੀਵਾਂ ਵਿਚ ਬੈਠਾ) ਲੈ ਰਿਹਾ ਹੈ, ਆਪ ਹੀ (ਜੀਵਾਂ ਨੂੰ ਇਹ ਨਾਮ-ਰਸ) ਦੇਂਦਾ ਹੈ । ਜਗਤ ਦਾ ਪਿਤਾ ਪ੍ਰਭੂ ਤਿੰਨਾਂ ਹੀ ਭਵਨਾਂ ਵਿਚ ਮੌਜੂਦ ਹੈ ਤੇ ਸਭ ਦਾਤਾਂ ਦੇ ਰਿਹਾ ਹੈ ।੩।

ਜਗਤ ਪੈਦਾ ਕਰ ਕੇ ਪ੍ਰਭੂ ਨੇ (ਮਾਨੋ, ਇਕ) ਖੇਡ ਬਣਾ ਦਿੱਤੀ ਹੈ; ਹਵਾ ਪਾਣੀ ਅੱਗ (ਆਦਿਕ ਤੱਤਾਂ ਨੂੰ ਇਕੱਠਾ ਕਰ ਕੇ ਤੇ ਸਰੀਰ ਬਣਾ ਕੇ ਉਸ ਵਿਚ) ਜਿੰਦ ਟਿਕਾ ਦਿੱਤੀ ਹੈ । ਇਸ ਸਰੀਰ-ਨਗਰੀ ਨੂੰ ਉਸ ਨੇ ਨੌ ਦਰਵਾਜ਼ੇ (ਤਾਂ ਪਰਗਟ ਤੌਰ ਤੇ) ਲਾ ਦਿੱਤੇ ਹਨ, (ਜਿਸ ਦਰਵਾਜ਼ੇ ਰਾਹੀਂ ਉਸ ਦੇ ਘਰ ਵਿਚ ਪਹੁੰਚੀਦਾ ਹੈ) ਉਹ ਦਸਵਾਂ ਦਰਵਾਜ਼ਾ (ਉਸ ਨੇ) ਗੁਪਤ ਰੱਖਿਆ ਹੋਇਆ ਹੈ ।੪।

(ਇਸ ਜਗਤ ਵਿਚ ਨਿਰਦਇਤਾ ਮੋਹ ਲੋਭ ਤੇ ਕ੍ਰੋਧ) ਚਾਰ ਅੱਗ ਦੀਆਂ ਭਿਆਨਕ ਨਦੀਆਂ ਹਨ । ਪਰ ਕੋਈ ਵਿਰਲਾ ਮਨੁੱਖ ਜੋ ਗੁਰੂ ਦੀ ਸਰਨ ਪੈਂਦਾ ਹੈ ਉਹ ਗੁਰੂ ਦੇ ਸ਼ਬਦ ਵਿਚ ਜੁੜ ਕੇ ਇਸ ਗੱਲ ਨੂੰ ਸਮਝਦਾ ਹੈ, (ਨਹੀਂ ਤਾਂ) ਮਾਇਆ-ਵੇੜ੍ਹੇ ਜੀਵ ਭੈੜੀ ਮੱਤੇ ਲੱਗ ਕੇ (ਇਹਨਾਂ ਨਦੀਆਂ ਵਿਚ) ਗੋਤੇ ਖਾਂਦੇ ਹਨ ਤੇ ਸੜਦੇ ਹਨ । ਜਿਨ੍ਹਾਂ ਨੂੰ ਗੁਰੂ ਨੇ (ਇਹਨਾਂ ਅੱਗ-ਨਦੀਆਂ ਤੋਂ) ਬਚਾ ਲਿਆ ਉਹ ਪਰਮਾਤਮਾ ਵਿਚ ਸੁਰਤਿ ਜੋੜੀ ਰੱਖਦੇ ਹਨ ।੫।

ਪਾਣੀ ਅੱਗ ਹਵਾ ਧਰਤੀ ਤੇ ਆਕਾਸ਼—ਇਹਨਾਂ ਪੰਜਾਂ ਦੇ ਮੇਲ ਦੀ ਰਾਹੀਂ ਪਰਮਾਤਮਾ ਨੇ ਪੰਜ-ਤੱਤੀ ਘਰ ਬਣਾ ਦਿੱਤਾ ਹੈ ਉਸ ਘਰ ਵਿਚ ਜੀਵਾਤਮਾ ਦਾ ਨਿਵਾਸ ਕਰ ਦਿੱਤਾ ਹੈ । ਜੇਹੜੇ ਜੀਵ ਸਤਿਗੁਰੂ ਦੇ ਸ਼ਬਦ ਵਿਚ ਜੁੜਦੇ ਹਨ ਉਹ ਮਾਇਆ ਦੀ ਹਉਮੈ ਤੇ ਮਾਇਆ ਦੀ ਖ਼ਾਤਰ ਭਟਕਣਾ ਛੱਡ ਕੇ ਪਰਮਾਤਮਾ ਦੇ ਪ੍ਰੇਮ-ਰੰਗ ਵਿਚ ਰੰਗੇ ਰਹਿੰਦੇ ਹਨ ।੬।

ਜਿਸ ਮਨੁੱਖ ਦਾ ਇਹ ਮਨ ਗੁਰੂ ਦੇ ਸ਼ਬਦ ਵਿਚ ਭਿੱਜ ਜਾਂਦਾ ਹੈ (ਸ਼ਬਦ ਵਿਚ ਖ਼ੁਸ਼ ਹੋ ਕੇ ਜੁੜਦਾ ਹੈ) ਉਹ ਪਰਮਾਤਮਾ ਦੇ ਨਾਮ ਵਿਚ ਜੁੜ ਕੇ ਪ੍ਰਸੰਨ ਹੁੰਦਾ ਹੈ, ਪਰਮਾਤਮਾ ਦੇ ਨਾਮ ਤੋਂ ਬਿਨਾ ਉਹ ਕੋਈ ਹੋਰ ਆਸਰਾ ਨਹੀਂ ਭਾਲਦਾ । ਪਰ ਜੋ ਮਨੁੱਖ ਮਾਇਆ-ਵੇੜ੍ਹਿਆ ਹੈ ਉਸ ਦੇ ਅੰਦਰ (ਵਿਕਾਰੀ ਮਨ-) ਚੋਰ ਦਾ ਘਰ-ਘਾਟ ਲੁੱਟਦਾ ਜਾਂਦਾ ਹੈ, ਇਸ ਮਾਇਆ-ਵੇੜ੍ਹੇ ਜੀਵ ਨੇ ਇਸ ਚੋਰ ਨੂੰ ਪਛਾਣਿਆ ਹੀ ਨਹੀਂ ।੭।

ਜਿਸ ਮਨੁੱਖ ਦੇ ਅੰਦਰ ਰੌਲਾ ਪਾਣ ਵਾਲੇ ਤੇ ਡਰਾਉਣੇ ਭੂਤਾਂ ਵਰਗੇ ਕਾਮਾਦਿਕ ਵੈਰੀ ਵੱਸਦੇ ਹੋਣ ਤੇ ਉਹ ਭੂਤ ਆਪੋ ਆਪਣੇ ਪਾਸੇ ਵਲ ਖਿੱਚਾ-ਖਿੱਚੀ ਕਰ ਰਹੇ ਹੋਣ, ਉਹ ਮਨੁੱਖ ਗੁਰੂ ਦੇ ਸ਼ਬਦ ਦੀ ਸੁਰਤਿ-ਸੂਝ ਤੋਂ ਵਾਂਜਿਆ ਰਹਿ ਕੇ ਜੰਮਦਾ ਮਰਦਾ ਰਹਿੰਦਾ ਹੈ, ਆਪਣੀ ਇੱਜ਼ਤ ਗਵਾ ਲੈਂਦਾ ਹੈ, ਜਨਮ ਮਰਨ ਦੇ ਗੇੜ ਵਿਚ ਪਿਆ ਰਹਿੰਦਾ ਹੈ ।੮।

ਹੇ ਜੀਵ ! ਤੂੰ ਸਾਰੀ ਉਮਰ ਕੂੜ (-ਰੂਪ) ਕੱਲਰ ਹੀ (ਵਿਹਾਝਦਾ ਹੈਂ), ਸਰੀਰ ਭੀ ਆਖ਼ਰ ਸੁਆਹ ਦੀ ਢੇਰੀ ਹੋ ਜਾਣ ਵਾਲਾ ਹੈ (ਤੇਰੇ ਪੱਲੇ ਕੀਹ ਪਿਆ ਹੈ?) । ਪਰਮਾਤਮਾ ਦੇ ਨਾਮ ਤੋਂ ਖੁੰਝ ਕੇ ਤੂੰ ਆਪਣੀ ਇੱਜ਼ਤ ਗਵਾ ਲੈਂਦਾ ਹੈਂ । ਮਾਇਆ ਦੇ ਮੋਹ ਵਿਚ ਬੱਝੇ ਹੋਏ ਦੀ ਖ਼ਲਾਸੀ ਪ੍ਰਭੂ ਦੇ ਨਾਮ ਤੋਂ ਬਿਨਾ ਕਦੇ ਭੀ ਨਹੀਂ ਹੋ ਸਕੇਗੀ (ਇਉਂ ਹੈ ਜਿਵੇਂ) ਕਾਲ-ਜਮਦੂਤ ਨੇ ਤੈਨੂੰ (ਖ਼ਾਸ ਤੌਰ ਤੇ) ਪਛਾਣਿਆ ਹੋਇਆ ਹੈ (ਕਿ ਇਹ ਮੇਰਾ ਸ਼ਿਕਾਰ ਹੈ) ।੯।

(ਕੂੜ ਕੱਲਰ ਦੇ ਵਪਾਰੀ ਨੂੰ) ਜਮ ਦੇ ਦਰ ਤੇ ਬੱਝੇ ਨੂੰ ਸਜ਼ਾਵਾਂ ਮਿਲਦੀਆਂ ਹਨ, ਉਸ (ਵਿਚਾਰੇ) ਮੰਦ-ਕਰਮੀ ਦਾ ਭੈੜਾ ਹਾਲ ਹੁੰਦਾ ਹੈ, ਵਿਲਕਦਾ ਹੈ ਤਰਲੇ ਲੈਂਦਾ ਹੈ (ਪਰ ਮੋਹ ਦੀ ਫਾਹੀ ਵਿਚੋਂ ਖ਼ਲਾਸੀ ਨਹੀਂ ਹੁੰਦੀ) ਜਿਵੇਂ ਮੱਛੀ ਕੁੰਡੀ ਵਿਚ ਫਸ ਜਾਂਦੀ ਹੈ ।੧੦।

ਮਾਇਆ-ਵੇੜ੍ਹਿਆ ਮਾਇਆ ਦੇ ਮੋਹ ਵਿਚ ਅੰਨ੍ਹਾ ਹੋਇਆ ਜੀਵ ਜਮ ਦੇ ਵੱਸ ਵਿਚ ਪਿਆ ਦੁੱਖੀ ਹੁੰਦਾ ਹੈ, ਉਸ ਦੀ ਇਕੱਲੀ ਆਪਣੀ ਜਿੰਦ ਉਸ ਫਾਹੀ ਵਿਚ ਫਸੀ ਹੁੰਦੀ ਹੈ । (ਉਹ ਮਾਇਆ-ਵੇੜ੍ਹਿਆ ਜੀਵ ਪ੍ਰਭੂ-ਨਾਮ ਤੋਂ ਵਾਂਜਿਆਂ ਰਹਿੰਦਾ ਹੈ, ਤੇ) ਹਰੀ-ਨਾਮ ਤੋਂ ਬਿਨਾ ਖ਼ਲਾਸੀ ਦਾ ਕੋਈ ਵਸੀਲਾ ਨਹੀਂ ਸੁੱਝ ਸਕਦਾ, ਨਿੱਤ (ਮੋਹ ਦੀ ਫਾਹੀ ਵਿਚ ਹੀ) ਖ਼ੁਆਰ ਹੁੰਦਾ ਹੈ ।੧੧।

ਸਤਿਗੁਰੂ ਤੋਂ ਬਿਨਾ (ਜੀਵਨ-ਰਾਹ ਦੱਸਣ ਵਾਲਾ) ਕੋਈ ਮਦਦਗਾਰ ਨਹੀਂ ਬਣਦਾ (ਗੁਰੂ ਹੀ ਦੱਸਦਾ ਹੈ ਕਿ) ਲੋਕ ਪਰਲੋਕ ਵਿਚ ਪਰਮਾਤਮਾ ਹੀ (ਜੀਵ ਦੀ) ਰਾਖੀ ਕਰਨ ਵਾਲਾ ਹੈ । (ਸਤਿਗੁਰੂ) ਮੇਹਰ ਕਰ ਕੇ ਪਰਮਾਤਮਾ ਦਾ ਨਾਮ ਬਖ਼ਸ਼ਦਾ ਹੈ, ਇਸ ਤਰ੍ਹਾਂ (ਜੀਵ ਪਰਮਾਤਮਾ ਦੇ ਚਰਨਾਂ ਵਿਚ ਇਉਂ ਮਿਲ ਜਾਂਦਾ ਹੈ, ਜਿਵੇਂ) ਪਾਣੀ ਵਿਚ ਪਾਣੀ ਰਲ ਜਾਂਦਾ ਹੈ ।੧੨।

ਭੁੱਲੇ ਹੋਏ ਬੰਦੇ ਨੂੰ ਸਿੱਖਿਆ ਦੇ ਕੇ ਗੁਰੂ (ਸਹੀ ਜੀਵਨ-ਰਾਹ ਦੀ) ਸਮਝ ਬਖ਼ਸ਼ਦਾ ਹੈ, ਕੁਰਾਹੇ ਜਾਂਦੇ ਨੂੰ (ਠੀਕ) ਰਾਹ ਤੇ ਪਾਂਦਾ ਹੈ । (ਹੇ ਭਾਈ! ਤੂੰ) ਦਿਨ ਰਾਤ ਉਸ ਗੁਰੂ ਦੀ ਦੱਸੀ ਹੋਈ ਕਾਰ ਕਰ । ਗੁਰੂ ਦੁੱਖਾਂ ਦੇ ਨਾਸ ਕਰਨ ਵਾਲੇ ਪਰਮਾਤਮਾ ਦੇ ਚਰਨਾਂ ਵਿਚ ਜੋੜ ਕੇ ਪ੍ਰਭੂ ਨਾਲ ਮਿਤ੍ਰਤਾ ਬਣਾ ਦੇਂਦਾ ਹੈ ।੧੩।

(ਸੰਸਾਰੀ ਜੀਵ) ਗੁਰੂ ਦੀ ਭਗਤੀ ਦੀ ਕੀਹ ਕਦਰ ਜਾਣ ਸਕਦੇ ਹਨ? ਬ੍ਰਹਮਾ ਨੇ, ਇੰਦਰ ਨੇ, ਸ਼ਿਵ ਨੇ (ਭੀ ਇਹ ਕਦਰ) ਨਾਹ ਸਮਝੀ । ਗੁਰੂ ਅਲੱਖ (-ਪ੍ਰਭੂ ਦਾ ਰੂਪ) ਹੈ, ਉਸ ਨੂੰ ਸਮਝਿਆ ਨਹੀਂ ਜਾ ਸਕਦਾ । ਗੁਰੂ ਜਿਸ ਉਤੇ ਮੇਹਰ ਕਰਦਾ ਹੈ ਉਹੀ (ਗੁਰੂ ਦੀ) ਪਛਾਣ ਕਰਦਾ ਹੈ ।੧੪।

ਜਿਸ ਮਨੁੱਖ ਦੇ ਹਿਰਦੇ ਵਿਚ (ਗੁਰੂ ਦਾ) ਪ੍ਰੇਮ ਹੈ ਉਸ ਨੂੰ (ਪਰਮਾਤਮਾ ਦਾ) ਦੀਦਾਰ ਪ੍ਰਾਪਤ ਹੁੰਦਾ ਹੈ, ਜਿਸ ਦੀ ਪ੍ਰੀਤਿ ਗੁਰੂ ਦੀ ਬਾਣੀ ਨਾਲ ਬਣ ਗਈ ਉਸ ਨੂੰ ਪ੍ਰਭੂ-ਚਰਨਾਂ ਦੀ ਛੁਹ ਮਿਲ ਜਾਂਦੀ ਹੈ । ਉਸ ਨੂੰ ਸਾਰੀ ਹੀ ਲੋਕਾਈ ਵਿਚ ਪ੍ਰਭੂ ਦੀ ਪਵਿਤ੍ਰ ਜੋਤਿ ਵਿਆਪਕ ਦਿੱਸਦੀ ਹੈ, ਗੁਰੂ ਦੀ ਸਰਨ ਪੈ ਕੇ ਉਸ ਨੂੰ ਆਪਣੇ ਹਿਰਦੇ ਵਿਚ ਦਿਨ ਰਾਤ (ਗਿਆਨ ਦਾ) ਦੀਵਾ (ਜਗਦਾ) ਦਿੱਸਦਾ ਹੈ ।੧੫।

(ਗੁਰੂ ਦੀ ਰਾਹੀਂ ਮਿਲਿਆ ਪਰਮਾਤਮਾ ਦਾ) ਗਿਆਨ ਇਕ ਐਸੀ (ਆਤਮਕ) ਖ਼ੁਰਾਕ ਹੈ ਜੋ ਮਿੱਠੀ ਹੈ ਤੇ ਬਹੁਤ ਹੀ ਸੁਆਦਲੀ ਹੈ, ਜਿਸ ਨੇ ਇਹ ਸੁਆਦ ਚੱਖਿਆ ਹੈ ਉਸ ਨੇ ਪਰਮਾਤਮਾ ਦਾ ਦੀਦਾਰ ਕਰ ਲਿਆ ਹੈ । ਜੇਹੜੇ ਪ੍ਰੇਮੀ (ਗੁਰੂ ਦੀ ਰਾਹੀਂ ਪਰਮਾਤਮਾ ਦਾ) ਦਰਸਨ ਕਰ ਕੇ ਉਸ ਦੇ ਚਰਨਾਂ ਵਿਚ ਜੁੜਦੇ ਹਨ, ਉਹਨਾਂ ਦਾ ਮਨ (ਆਪਣੀਆਂ) ਕਾਮਨਾਂ ਨੂੰ ਮਾਰ ਕੇ (ਸਦਾ ਲਈ ਪਰਮਾਤਮਾ ਦੀ ਯਾਦ ਵਿਚ) ਲੀਨ ਹੋ ਜਾਂਦਾ ਹੈ ।੧੬।

ਜੇਹੜੇ ਮਨੁੱਖ ਸਤਿਗੁਰੂ ਦੀ ਦੱਸੀ ਸੇਵਾ ਕਰਦੇ ਹਨ ਉਹ ਹਰ ਥਾਂ ਆਦਰ ਪਾਂਦੇ ਹਨ, ਉਹ ਹਰੇਕ ਸਰੀਰ ਦੇ ਅੰਦਰ ਪਰਮਾਤਮਾ ਨੂੰ ਵੱਸਦਾ ਪਛਾਣ ਲੈਂਦੇ ਹਨ ।

(ਨਾਨਕ ਦੀ ਅਰਦਾਸਿ ਹੈ ਕਿ) ਜਿਨ੍ਹਾਂ ਬੰਦਿਆਂ ਨੇ ਸਤਿਗੁਰੂ ਨੂੰ ਪਰਮਾਤਮਾ ਦਾ ਰੂਪ ਸਮਝ ਲਿਆ ਹੈ ਉਹਨਾਂ ਹਰੀ ਦੇ ਜਨਾਂ ਦੀ ਸੰਗਤਿ ਨਾਨਕ ਨੂੰ ਭੀ ਮਿਲ ਜਾਏ (ਉਹਨਾਂ ਦੀ ਸੰਗਤਿ ਵਿਚ ਹੀ ਰਹਿ ਕੇ) ਪਰਮਾਤਮਾ ਦੀ ਸਿਫ਼ਤਿ-ਸਾਲਾਹ ਦੀ ਦਾਤਿ ਮਿਲਦੀ ਹੈ ।੧੭।੫।੧੧।

ਮਾਰੂ ਮਹਲਾ ੧ ॥ ਸਾਚੇ ਸਾਹਿਬ ਸਿਰਜਣਹਾਰੇ ॥ ਜਿਨਿ ਧਰ ਚਕ੍ਰ ਧਰੇ ਵੀਚਾਰੇ ॥ ਆਪੇ ਕਰਤਾ ਕਰਿ ਕਰਿ ਵੇਖੈ ਸਾਚਾ ਵੇਪਰਵਾਹਾ ਹੇ ॥੧॥ ਵੇਕੀ ਵੇਕੀ ਜੰਤ ਉਪਾਏ ॥ ਦੁਇ ਪੰਦੀ ਦੁਇ ਰਾਹ ਚਲਾਏ ॥ ਗੁਰ ਪੂਰੇ ਵਿਣੁ ਮੁਕਤਿ ਨ ਹੋਈ ਸਚੁ ਨਾਮੁ ਜਪਿ ਲਾਹਾ ਹੇ ॥੨॥ ਪੜਹਿ ਮਨਮੁਖ ਪਰੁ ਬਿਧਿ ਨਹੀ ਜਾਨਾ ॥ ਨਾਮੁ ਨ ਬੂਝਹਿ ਭਰਮਿ ਭੁਲਾਨਾ ॥ ਲੈ ਕੈ ਵਢੀ ਦੇਨਿ ਉਗਾਹੀ ਦੁਰਮਤਿ ਕਾ ਗਲਿ ਫਾਹਾ ਹੇ ॥੩॥ ਸਿਮ੍ਰਿਤਿ ਸਾਸਤ੍ਰ ਪੜਹਿ ਪੁਰਾਣਾ ॥ ਵਾਦੁ ਵਖਾਣਹਿ ਤਤੁ ਨ ਜਾਣਾ ॥ ਵਿਣੁ ਗੁਰ ਪੂਰੇ ਤਤੁ ਨ ਪਾਈਐ ਸਚ ਸੂਚੇ ਸਚੁ ਰਾਹਾ ਹੇ ॥੪॥ ਸਭ ਸਾਲਾਹੇ ਸੁਣਿ ਸੁਣਿ ਆਖੈ ॥ ਆਪੇ ਦਾਨਾ ਸਚੁ ਪਰਾਖੈ ॥ ਜਿਨ ਕਉ ਨਦਰਿ ਕਰੇ ਪ੍ਰਭੁ ਅਪਨੀ ਗੁਰਮੁਖਿ ਸਬਦੁ ਸਲਾਹਾ ਹੇ ॥੫॥ ਸੁਣਿ ਸੁਣਿ ਆਖੈ ਕੇਤੀ ਬਾਣੀ ॥ ਸੁਣਿ ਕਹੀਐ ਕੋ ਅੰਤੁ ਨ ਜਾਣੀ ॥ ਜਾ ਕਉ ਅਲਖੁ ਲਖਾਏ ਆਪੇ ਅਕਥ ਕਥਾ ਬੁਧਿ ਤਾਹਾ ਹੇ ॥੬॥ ਜਨਮੇ ਕਉ ਵਾਜਹਿ ਵਾਧਾਏ ॥ ਸੋਹਿਲੜੇ ਅਗਿਆਨੀ ਗਾਏ ॥ ਜੋ ਜਨਮੈ ਤਿਸੁ ਸਰਪਰ ਮਰਣਾ ਕਿਰਤੁ ਪਇਆ ਸਿਰਿ ਸਾਹਾ ਹੇ ॥੭॥ ਸੰਜੋਗੁ ਵਿਜੋਗੁ ਮੇਰੈ ਪ੍ਰਭਿ ਕੀਏ ॥ ਸ੍ਰਿਸਟਿ ਉਪਾਇ ਦੁਖਾ ਸੁਖ ਦੀਏ ॥ ਦੁਖ ਸੁਖ ਹੀ ਤੇ ਭਏ ਨਿਰਾਲੇ ਗੁਰਮੁਖਿ ਸੀਲੁ ਸਨਾਹਾ ਹੇ ॥੮॥ ਨੀਕੇ ਸਾਚੇ ਕੇ ਵਾਪਾਰੀ ॥ ਸਚੁ ਸਉਦਾ ਲੈ ਗੁਰ ਵੀਚਾਰੀ ॥ ਸਚਾ ਵਖਰੁ ਜਿਸੁ ਧਨੁ ਪਲੈ ਸਬਦਿ ਸਚੈ ਓਮਾਹਾ ਹੇ ॥੯॥ ਕਾਚੀ ਸਉਦੀ ਤੋਟਾ ਆਵੈ ॥ ਗੁਰਮੁਖਿ ਵਣਜੁ ਕਰੇ ਪ੍ਰਭ ਭਾਵੈ ॥ ਪੂੰਜੀ ਸਾਬਤੁ ਰਾਸਿ ਸਲਾਮਤਿ ਚੂਕਾ ਜਮ ਕਾ ਫਾਹਾ ਹੇ ॥੧੦॥ ਸਭੁ ਕੋ ਬੋਲੈ ਆਪਣ ਭਾਣੈ ॥ ਮਨਮੁਖੁ ਦੂਜੈ ਬੋਲਿ ਨ ਜਾਣੈ ॥ ਅੰਧੁਲੇ ਕੀ ਮਤਿ ਅੰਧਲੀ ਬੋਲੀ ਆਇ ਗਇਆ ਦੁਖੁ ਤਾਹਾ ਹੇ ॥੧੧॥ ਦੁਖ ਮਹਿ ਜਨਮੈ ਦੁਖ ਮਹਿ ਮਰਣਾ ॥ ਦੂਖੁ ਨ ਮਿਟੈ ਬਿਨੁ ਗੁਰ ਕੀ ਸਰਣਾ ॥ ਦੂਖੀ ਉਪਜੈ ਦੂਖੀ ਬਿਨਸੈ ਕਿਆ ਲੈ ਆਇਆ ਕਿਆ ਲੈ ਜਾਹਾ ਹੇ ॥੧੨॥ ਸਚੀ ਕਰਣੀ ਗੁਰ ਕੀ ਸਿਰਕਾਰਾ ॥ ਆਵਣੁ ਜਾਣੁ ਨਹੀ ਜਮ ਧਾਰਾ ॥ ਡਾਲ ਛੋਡਿ ਤਤੁ ਮੂਲੁ ਪਰਾਤਾ ਮਨਿ ਸਾਚਾ ਓਮਾਹਾ ਹੇ ॥੧੩॥ ਹਰਿ ਕੇ ਲੋਗ ਨਹੀ ਜਮੁ ਮਾਰੈ ॥ ਨਾ ਦੁਖੁ ਦੇਖਹਿ ਪੰਥਿ ਕਰਾਰੈ ॥ ਰਾਮ ਨਾਮੁ ਘਟ ਅੰਤਰਿ ਪੂਜਾ ਅਵਰੁ ਨ ਦੂਜਾ ਕਾਹਾ ਹੇ ॥੧੪॥ ਓੜੁ ਨ ਕਥਨੈ ਸਿਫਤਿ ਸਜਾਈ ॥ ਜਿਉ ਤੁਧੁ ਭਾਵਹਿ ਰਹਹਿ ਰਜਾਈ ॥ ਦਰਗਹ ਪੈਧੇ ਜਾਨਿ ਸੁਹੇਲੇ ਹੁਕਮਿ ਸਚੇ ਪਾਤਿਸਾਹਾ ਹੇ ॥੧੫॥ ਕਿਆ ਕਹੀਐ ਗੁਣ ਕਥਹਿ ਘਨੇਰੇ ॥ ਅੰਤੁ ਨ ਪਾਵਹਿ ਵਡੇ ਵਡੇਰੇ ॥ ਨਾਨਕ ਸਾਚੁ ਮਿਲੈ ਪਤਿ ਰਾਖਹੁ ਤੂ ਸਿਰਿ ਸਾਹਾ ਪਾਤਿਸਾਹਾ ਹੇ ॥੧੬॥੬॥੧੨॥ {ਪੰਨਾ ੧੦੩੨-੧੦੩੩}

ਪਦ ਅਰਥ :—ਸਾਚੇ—ਹੇ ਸਦਾ-ਥਿਰ ਰਹਿਣ ਵਾਲੇ! ਸਿਰਜਣਹਾਰੇ—ਹੇ ਸਿਰਜਣਹਾਰ! ਜਿਨਿ—ਜਿਸ ਤੈਂ ਨੇ । ਧਰ—ਧਰਤੀ । ਧਰੇ—ਟਿਕਾਏ ਹਨ । ਵੀਚਾਰੇ—ਵੀਚਾਰਿ, ਸੋਚ-ਵਿਚਾਰ ਕੇ । ਕਰਿ ਕਰਿ—ਪੈਦਾ ਕਰ ਕਰ ਕੇ । ਵੇਖੈ—ਸੰਭਾਲ ਕਰਦਾ ਹੈ ।੧।

ਵੇਕੀ ਵੇਕੀ—ਵਖ ਵਖ ਕਿਸਮ ਦੇ । ਪੰਦ—ਨਸੀਹਤ, ਸਿੱਖਿਆ । ਪੰਦੀ—ਨਸੀਹਤ ਦੇਣ ਵਾਲਾ । ਦੁਇ—ਦੋ । ਦੁਇ ਪੰਦੀ—ਚੰਗੀ ਤੇ ਮੰਦੀ ਦੋ ਕਿਸਮ ਦੀ ਸਿੱਖਿਆ ਦੇਣ ਵਾਲੇ, ਗੁਰਮੁਖਿ ਤੇ ਮਨਮੁਖ । ਦੁਇ ਰਾਹ—ਜੀਵਨ ਦੇ ਦੋ ਰਸਤੇ (ਚੰਗਾ ਤੇ ਮੰਦਾ) । ਮੁਕਤਿ—(ਵਿਕਾਰਾਂ ਤੋਂ) ਖ਼ਲਾਸੀ । ਸਚੁ—ਸਦਾ-ਥਿਰ ਰਹਿਣ ਵਾਲਾ । ਲਾਹਾ—ਲਾਭ ।੨।

ਮਨਮੁਖ—ਆਪਣੇ ਮਨ ਦੇ ਪਿੱਛੇ ਤੁਰਨ ਵਾਲੇ । ਪਰੁ—ਪਰੰਤੂ । ਬਿਧਿ—(ਉਸ ਉਤੇ ਅਮਲ ਕਰਨ ਦੀ) ਜਾਚ । ਭਰਮਿ—ਮਾਇਆ ਦੀ ਭਟਕਣਾ ਵਿਚ । ਦੇਨਿ—ਦੇਂਦੇ ਹਨ । ਉਗਾਹੀ—ਗਵਾਹੀ । ਗਲਿ—ਗਲ ਵਿਚ ।੩।

ਵਾਦੁ—ਚਰਚਾ, ਬਹਸ । ਤਤੁ—ਜਗਤ ਦਾ ਮੂਲ-ਪ੍ਰਭੂ, ਅਸਲੀਅਤ । ਸੁਚੇ—ਪਵਿਤ੍ਰ ਜੀਵਨ ਵਾਲੇ । ਸਾਚੁ—ਸਦਾ-ਥਿਰ ਪ੍ਰਭੂ ਦਾ ਨਾਮ (ਸਿਮਰ ਕੇ) । ਸਚ ਰਾਹਾ—ਸੱਚ ਦਾ ਰਸਤਾ, ਸਹੀ ਜੀਵਨ-ਰਸਤਾ ।੪।

ਸਭ—ਸਾਰੀ ਲੋਕਾਈ । ਦਾਨਾ—ਸਭ ਦੇ ਦਿਲ ਦੀ ਜਾਣਨ ਵਾਲਾ । ਪਰਾਖੈ—ਪਰਖੈ, ਪਰਖਦਾ ਹੈ ।੫।

ਕੇਤੀ—ਬਹੁਤ ਲੁਕਾਈ । ਸੁਣਿ—ਸੁਣ ਕੇ । ਕੋ—ਕੋਈ ਜੀਵ । ਅਲਖੁ—ਅਦ੍ਰਿਸ਼ਟ ਪਰਮਾਤਮਾ । ਅਕਥ—ਜਿਸ ਦੇ ਗੁਣ ਬਿਆਨ ਨਾਹ ਕੀਤੇ ਜਾ ਸਕਣ । ਤਾਹਾ—ਉਸੇ ਦੀ ।੬।

ਵਾਜਹਿ—ਵੱਜਦੇ ਹਨ (ਵਾਜੇ) । ਵਾਧਾਏ—ਵਧਾਈਆਂ । ਸੋਹਿਲੜੇ—ਖ਼ੁਸ਼ੀ ਦੇ ਗੀਤ । ਸਰਪਰ—ਜ਼ਰੂਰ । ਕਿਰਤੁ—ਕੀਤੇ ਕਰਮਾਂ ਦੇ ਸੰਸਕਾਰਾਂ ਦਾ ਇਕੱਠ । ਸਾਹਾ—(ਮੌਤ ਦਾ) ਮੁਹੂਰਤ ।੭।

ਪ੍ਰਭਿ—ਪ੍ਰਭੂ ਨੇ । ਦੁਖਾ ਸੁਖ—ਦੁਖ ਤੇ ਸੁਖ । ਨਿਰਾਲੇ—ਨਿਰਲੇਪ । ਸੀਲੁ—ਮਿੱਠਾ ਸੁਭਾਉ । ਸਨਾਹਾ—ਜ਼ਿਰਹ-ਬਕਤਰ, ਸੰਜੋਅ, ਜੰਗ ਵਿਚ ਸਰੀਰਕ ਬਚਾਉ ਵਾਸਤੇ ਪਹਿਨੇ ਜਾਣ ਵਾਲੇ ਲੋਹੇ ਦੀ ਜਾਲੀ ਦੇ ਕੱਪੜੇ ।੮।

ਨੀਕੇ—ਚੰਗੇ । ਜਿਸੁ ਪਲੈ—ਜਿਸ ਦੇ ਪਾਸ ਹੈ ।੯।

ਸਉਦੀ—ਸੌਦਿਆਂ ਵਿਚ । ਤੋਟਾ—ਘਾਟਾ । ਵਣਜੁ—ਵਪਾਰ । ਚੂਕਾ—ਮੁੱਕ ਜਾਂਦਾ ਹੈ ।੧੦।

ਸਭੁ ਕੋ—ਹਰੇਕ (ਮਨਮੁਖ) ਮਨੁੱਖ । ਮਨਮੁਖੁ—ਆਪਣੇ ਮਨ ਦੇ ਪਿੱਛੇ ਤੁਰਨ ਵਾਲਾ ਮਨੁੱਖ । ਦੂਜੈ—ਪ੍ਰਭੂ ਤੋਂ ਬਿਨਾ ਕਿਸੇ ਹੋਰ ਆਸਰੇ ਦੀ ਝਾਕ ਵਿਚ । ਅੰਧਲੀ—ਅੰਨ੍ਹੀ । ਤਾਹਾ—ਉਸ ਨੂੰ ।੧੧।

ਦੂਖੀ—ਦੁੱਖਾਂ ਵਿਚ ਹੀ ।੧੨।

ਸਿਰਕਾਰਾ—ਹਕੂਮਤ, ਅਗਵਾਈ । ਧਾਰਾ—ਰਸਤਾ । ਪਰਾਤਾ—ਪਛਾਣਿਆ । ਓਮਾਹਾ—ਉਤਸ਼ਾਹ ।੧੩।

ਪੰਥਿ ਕਰਾਰੈ—ਕਰੜੇ ਰਸਤੇ ਵਿਚ (ਪੈ ਕੇ) । ਕਾਹਾ—ਬਖੇੜਾ ।੧੪।

ਓੜੁ—ਖ਼ਾਤਮਾ, ਅਖ਼ੀਰਲਾ ਬੰਨਾ । ਸਜਾਈ—ਸੋਹਣੀ । ਰਜਾਈ—ਰਜ਼ਾ ਵਿਚ । ਪੈਧੇ—ਸਰੋਪਾ ਲੈ ਕੇ । ਜਾਨਿ—ਜਾਵਨਿ, ਜਾਂਦੇ ਹਨ ।੧੫।

ਕਥਹਿ—ਕਥਦੇ ਹਨ । ਕਿਆ ਕਹੀਐ—ਕੁਝ ਕਿਹਾ ਨਹੀਂ ਜਾ ਸਕਦਾ ।੧੬।

ਅਰਥ :—ਹੇ ਸਦਾ-ਥਿਰ ਰਹਿਣ ਵਾਲੇ ਮਾਲਕ! ਹੇ ਜਗਤ ਦੇ ਰਚਣਹਾਰ! ਜਿਸ ਤੈਂ ਨੇ ਧਰਤੀ ਦੇ ਚੱਕਰ ਬਣਾਏ ਹਨ, ਤੂੰ ਆਪ ਹੀ ਸੋਚ-ਵਿਚਾਰ ਕੇ (ਆਪੋ ਆਪਣੇ ਥਾਂ) ਟਿਕਾਏ ਹਨ!

ਕਰਤਾਰ ਆਪ ਹੀ ਜਗਤ ਰਚ ਰਚ ਕੇ ਸੰਭਾਲ ਕਰਦਾ ਹੈ, ਉਹ ਸਦਾ ਕਾਇਮ ਰਹਿਣ ਵਾਲਾ ਹੈ, (ਜਗਤ ਦਾ ਇਤਨਾ ਖਿਲਾਰਾ ਹੁੰਦਿਆਂ ਭੀ) ਉਹ ਬੇ-ਫ਼ਿਕਰ ਹੈ ।੧।

ਪਰਮਾਤਮਾ ਨੇ ਰੰਗਾ ਰੰਗ ਦੇ ਜੀਵ ਪੈਦਾ ਕਰ ਦਿੱਤੇ ਹਨ । ਕੋਈ ਗੁਰਮੁਖ ਬਣਾ ਦਿੱਤੇ ਹਨ ਕੋਈ ਮਨਮੁਖ ਬਣਾ ਦਿੱਤੇ ਹਨ । ਗੁਰਮੁਖਤਾ ਤੇ ਮਨਮੁਖਤਾ—ਇਹ ਦੋਵੇਂ ਰਸਤੇ ਤੋਰ ਦਿੱਤੇ ਹਨ । ਪੂਰੇ ਗੁਰੂ ਦੀ ਸਰਨ ਪੈਣ ਤੋਂ ਬਿਨਾ (ਮੰਦੇ ਰਸਤੇ ਵਲੋਂ) ਖ਼ਲਾਸੀ ਨਹੀਂ ਹੁੰਦੀ । (ਗੁਰੂ ਦੀ ਰਾਹੀਂ) ਸਦਾ-ਥਿਰ ਨਾਮ ਜਪ ਕੇ ਹੀ (ਮਨੁੱਖਾ ਜੀਵਨ ਵਿਚ ਆਤਮਕ) ਲਾਭ ਖੱਟ ਸਕੀਦਾ ਹੈ ।੨।

ਆਪਣੇ ਮਨ ਦੇ ਪਿੱਛੇ ਤੁਰਨ ਵਾਲੇ ਬੰਦੇ (ਮਜ਼ਹਬੀ ਕਿਤਾਬਾਂ) ਪੜ੍ਹਦੇ ਹਨ, ਪਰ ਉਹ (ਉਸ ਪੜ੍ਹੇ ਹੋਏ ਉਤੇ ਅਮਲ ਕਰਨ ਦੀ) ਜਾਚ ਨਹੀਂ ਸਿੱਖਦੇ । ਉਹ ਪਰਮਾਤਮਾ ਦੇ ਨਾਮ ਦੀ (ਕਦਰ) ਨਹੀਂ ਸਮਝਦੇ, (ਮਾਇਆ ਦੀ) ਭਟਕਣਾ ਵਿਚ (ਪੈ ਕੇ) ਕੁਰਾਹੇ ਪਏ ਰਹਿੰਦੇ ਹਨ । ਰਿਸ਼ਵਤ ਲੈ ਕੇ (ਝੂਠੀਆਂ) ਗਵਾਹੀਆਂ ਦੇ ਦੇਂਦੇ ਹਨ, ਭੈੜੀ ਮਤਿ ਦੀ ਫਾਹੀ ਉਹਨਾਂ ਦੇ ਗਲ ਵਿਚ ਪਈ ਰਹਿੰਦੀ ਹੈ ।੩।

(ਪੰਡਿਤ ਲੋਕ ਭੀ) ਸਿੰਮ੍ਰਿਤੀਆਂ ਸ਼ਾਸਤ੍ਰ ਪੁਰਾਣ ਪੜ੍ਹਦੇ ਹਨ (ਪਰ) ਚਰਚਾ (ਹੀ) ਕਰਦੇ ਹਨ, ਅਸਲੀਅਤ ਨਹੀਂ ਸਮਝਦੇ । ਪੂਰੇ ਗੁਰੂ ਦੀ ਸਰਨ ਪੈਣ ਤੋਂ ਬਿਨਾ ਅਸਲੀਅਤ ਲੱਭ ਹੀ ਨਹੀਂ ਸਕਦੀ । ਜੇਹੜੇ ਬੰਦੇ ਸਦਾ-ਥਿਰ (ਨਾਮ ਸਿਮਰਦੇ ਹਨ) ਉਹ ਪਵਿਤ੍ਰ ਜੀਵਨ ਵਾਲੇ ਬਣ ਜਾਂਦੇ ਹਨ, ਉਹ ਸਹੀ ਜੀਵਨ-ਰਸਤਾ ਫੜ ਲੈਂਦੇ ਹਨ ।੪।

(ਜ਼ਬਾਨੀ ਜ਼ਬਾਨੀ ਤਾਂ) ਸਾਰੀ ਲੁਕਾਈ ਪਰਮਾਤਮਾ ਦੀ ਸਿਫ਼ਤਿ-ਸਾਲਾਹ ਕਰਦੀ ਹੈ (ਦੂਜਿਆਂ ਪਾਸੋਂ) ਸੁਣ ਸੁਣ ਕੇ (ਪ੍ਰਭੂ ਦੀਆਂ ਵਡਿਆਈਆਂ) ਆਖਦੀ ਹੈ । ਪਰ ਸਦਾ-ਥਿਰ ਪ੍ਰਭੂ ਹਰੇਕ ਦੇ ਦਿਲ ਦੀ ਜਾਣਨ ਵਾਲਾ ਹੈ (ਹਰੇਕ ਦੀ ਕੀਤੀ ਭਗਤੀ ਨੂੰ) ਉਹ ਆਪ ਹੀ ਪਰਖਦਾ ਹੈ । ਜਿਨ੍ਹਾਂ ਉਤੇ ਪ੍ਰਭੂ ਆਪਣੀ ਮੇਹਰ ਦੀ ਨਜ਼ਰ ਕਰਦਾ ਹੈ, ਉਹ ਗੁਰੂ ਦੀ ਸਰਨ ਪੈ ਕੇ ਸ਼ਬਦ ਨੂੰ (ਹਿਰਦੇ ਵਿਚ ਵਸਾਂਦੇ ਹਨ) ਸਿਫ਼ਤਿ-ਸਾਲਾਹ ਨੂੰ (ਹਿਰਦੇ ਵਿਚ ਵਸਾਂਦੇ ਹਨ) ।੫।

(ਦੂਜਿਆਂ ਪਾਸੋਂ) ਸੁਣ ਸੁਣ ਕੇ ਬੇਅੰਤ ਲੁਕਾਈ ਸਿਫ਼ਤਿ-ਸਾਲਾਹ ਦੀ ਬਾਣੀ ਭੀ ਬੋਲਦੀ ਹੈ । ਸੁਣ ਸੁਣ ਕੇ ਪ੍ਰਭੂ ਦੇ ਗੁਣਾਂ ਦਾ ਕਥਨ ਕਰ ਲਈਦਾ ਹੈ, ਪਰ ਕੋਈ ਜੀਵ ਉਸ ਦੇ ਗੁਣਾਂ ਦਾ ਅੰਤ ਨਹੀਂ ਜਾਣਦਾ । ਜਿਸ ਮਨੁੱਖ ਨੂੰ ਉਹ ਅਦ੍ਰਿਸ਼ਟ ਪ੍ਰਭੂ ਆਪਣਾ ਆਪਾ ਵਿਖਾਂਦਾ ਹੈ, ਉਸ ਮਨੁੱਖ ਨੂੰ ਉਹ ਬੁੱਧੀ ਪ੍ਰਾਪਤ ਹੋ ਜਾਂਦੀ ਹੈ ਜਿਸ ਨਾਲ ਉਹ ਉਸ ਅਕੱਥ ਪ੍ਰਭੂ ਦੀਆਂ ਕਥਾ-ਕਹਾਣੀਆਂ ਕਰਦਾ ਰਹਿੰਦਾ ਹੈ ।੬।

(ਜਦੋਂ ਕੋਈ ਜੀਵ ਜੰਮਦਾ ਹੈ ਤਾਂ ਉਸ ਦੇ) ਜੰਮਣ ਤੇ ਵਾਜੇ ਵੱਜਦੇ ਹਨ, ਵਧਾਈਆਂ ਮਿਲਦੀਆਂ ਹਨ, ਗਿਆਨ ਤੋਂ ਸੱਖਣੇ ਲੋਕ ਖ਼ੁਸ਼ੀ ਦੇ ਗੀਤ ਗਾਂਦੇ ਹਨ । ਪਰ ਜੇਹੜਾ ਜੀਵ ਜੰਮਦਾ ਹੈ ਉਸ ਨੇ ਮਰਨਾ ਭੀ ਜ਼ਰੂਰ ਹੈ । ਹਰੇਕ ਜੀਵ ਦੇ ਕੀਤੇ ਕਰਮਾਂ ਅਨੁਸਾਰ (ਮੌਤ ਦਾ) ਮੁਹੂਰਤ ਉਸ ਦੇ ਮੱਥੇ ਤੇ ਲਿਖਿਆ ਜਾਂਦਾ ਹੈ ।੭।

(ਜੰਮ ਕੇ ਪਰਵਾਰ ਵਿਚ) ਮਿਲਣਾ ਤੇ (ਮਰ ਕੇ ਪਰਵਾਰ ਤੋਂ) ਵਿਛੁੜਨਾ—ਇਹ ਖੇਡ ਪਰਮਾਤਮਾ ਨੇ ਬਣਾ ਦਿੱਤੀ ਹੈ । ਜਗਤ ਪੈਦਾ ਕਰ ਕੇ ਦੁੱਖ ਸੁਖ ਭੀ ਉਸੇ ਨੇ ਹੀ ਦਿੱਤੇ ਹਨ । ਜੇਹੜੇ ਬੰਦੇ ਗੁਰੂ ਦੀ ਸਰਨ ਪੈ ਕੇ ਮਿੱਠੇ ਸੁਭਾਵ ਦਾ ਸੰਜੋਅ ਪਹਿਨਦੇ ਹਨ ਉਹ ਦੁੱਖ ਸੁਖ ਤੋਂ ਨਿਰਲੇਪ ਰਹਿੰਦੇ ਹਨ ।੮।

ਸਦਾ-ਥਿਰ ਰਹਿਣ ਵਾਲੇ ਪਰਮਾਤਮਾ ਦਾ ਨਾਮ ਵਿਹਾਝਣ ਵਾਲੇ ਬੰਦੇ ਚੰਗੇ ਜੀਵਨ ਵਾਲੇ ਹੁੰਦੇ ਹਨ ਗੁਰੂ ਦੀ ਦੱਸੀ ਵਿਚਾਰ ਤੇ ਤੁਰ ਕੇ ਇਥੋਂ ਸਦਾ-ਥਿਰ ਰਹਿਣ ਵਾਲਾ ਸੌਦਾ ਲੈ ਕੇ ਜਾਂਦੇ ਹਨ । ਜਿਸ ਮਨੁੱਖ ਦੇ ਪੱਲੇ ਸਦਾ-ਥਿਰ ਰਹਿਣ ਵਾਲਾ ਸੌਦਾ ਹੈ ਧਨ ਹੈ ਉਹ ਸਦਾ-ਥਿਰ ਪ੍ਰਭੂ ਦੀ ਸਿਫ਼ਤਿ-ਸਾਲਾਹ ਦੇ ਸ਼ਬਦ ਦੀ ਰਾਹੀਂ ਆਤਮਕ ਉਤਸ਼ਾਹ ਪ੍ਰਾਪਤ ਕਰਦੇ ਹਨ ।੯।

ਨਿਰੇ ਮਾਇਆ ਵਾਲੇ ਹੋਛੇ ਵਣਜ ਕੀਤਿਆਂ (ਆਤਮਕ ਜੀਵਨ ਵਿਚ) ਘਾਟਾ ਪੈਂਦਾ ਹੈ । ਗੁਰੂ ਦੇ ਸਨਮੁਖ ਰਹਿਣ ਵਾਲਾ ਬੰਦਾ ਉਹ (ਆਤਮਕ) ਵਪਾਰ ਕਰਦਾ ਹੈ ਜੋ ਪ੍ਰਭੂ ਨੂੰ ਪਸੰਦ ਆਉਂਦਾ ਹੈ । ਉਸ ਦਾ ਸਰਮਾਇਆ ਉਸ ਦੀ ਰਾਸਿ-ਪੂੰਜੀ ਅਮਨ-ਅਮਾਨ ਰਹਿੰਦੀ ਹੈ, ਆਤਮਕ ਮੌਤ ਦੀ ਫਾਹੀ ਉਸ ਦੇ ਗਲ ਤੋਂ ਕੱਟੀ ਜਾਂਦੀ ਹੈ ।੧੦।

ਆਪਣੇ ਮਨ ਦੇ ਪਿੱਛੇ ਤੁਰਨ ਵਾਲਾ ਹਰੇਕ ਮਨੁੱਖ ਪ੍ਰਭੂ ਤੋਂ ਬਿਨਾ ਹੋਰ ਆਸਰੇ ਦੀ ਝਾਕ ਵਿਚ ਆਪਣੇ ਸੁਆਰਥ ਦੇ ਸੁਭਾਵ ਵਿਚ ਹੀ (ਸਭ ਬਚਨ) ਬੋਲਦਾ ਹੈ, (ਪਰਮਾਤਮਾ ਦੀ ਸਿਫ਼ਤਿ-ਸਾਲਾਹ ਦੇ ਬੋਲ) ਬੋਲਣਾ ਨਹੀਂ ਜਾਣਦਾ । ਮਾਇਆ ਦੇ ਮੋਹ ਵਿਚ ਅੰਨ੍ਹੇ ਹੋ ਚੁਕੇ ਮਨੁੱਖ ਦੀ ਅਕਲ ਅੰਨ੍ਹੀ ਤੇ ਬੋਲੀ ਹੋ ਜਾਂਦੀ ਹੈ (ਉਸ ਨੂੰ ਨਾਹ ਕਿਤੇ ਪਰਮਾਤਮਾ ਦਿੱਸਦਾ ਹੈ, ਨਾਹ ਹੀ ਉਸ ਦੀ ਸਿਫ਼ਤਿ-ਸਾਲਾਹ ਉਹ ਸੁਣਦਾ ਹੈ) । ਉਸ ਨੂੰ ਜਨਮ ਮਰਨ ਦੇ ਗੇੜ ਦਾ ਦੁੱਖ ਵਾਪਰਦਾ ਰਹਿੰਦਾ ਹੈ ।੧੧।

ਮਨਮੁਖ ਮਨੁੱਖ ਦੁੱਖਾਂ ਵਿਚ ਗ੍ਰਸਿਆ ਜੰਮਦਾ ਹੈ (ਸਾਰੀ ਉਮਰ ਦੁੱਖ ਸਹੇੜ ਸਹੇੜ ਕੇ) ਦੁੱਖਾਂ ਵਿਚ ਹੀ ਮਰਦਾ ਹੈ । ਗੁਰੂ ਦੀ ਸਰਨ ਪੈਣ ਤੋਂ ਬਿਨਾ (ਇਹ ਜਨਮਾਂ ਜਨਮਾਂਤਰਾਂ ਦਾ ਲੰਮਾ) ਦੁੱਖ ਮਿਟ ਨਹੀਂ ਸਕਦਾ । ਦੁੱਖਾਂ ਵਿਚ ਜੰਮਦਾ ਤੇ ਦੁੱਖਾਂ ਵਿਚ ਹੀ ਮਰਦਾ ਹੈ, ਸੁਚੱਜਾ ਆਤਮਕ ਜੀਵਨ ਨਾਹ ਹੀ ਲੈ ਕੇ ਇਥੇ ਆਉਂਦਾ ਹੈ, ਨਾਹ ਹੀ ਇਥੋਂ ਲੈ ਕੇ ਜਾਂਦਾ ਹੈ ।੧੨।

ਗੁਰੂ ਦੀ ਅਗਵਾਈ ਵਿਚ ਤੁਰਨਾ ਹੀ ਸਹੀ ਜੀਵਨ-ਰਸਤਾ ਹੈ, ਇਸ ਤਰ੍ਹਾਂ ਜਨਮ ਮਰਨ ਦਾ ਗੇੜ ਮੁੱਕ ਜਾਂਦਾ ਹੈ, ਆਤਮਕ ਮੌਤ ਦਾ ਰਸਤਾ ਭੀ ਨਹੀਂ ਫੜੀਦਾ । ਜੇਹੜਾ ਮਨੁੱਖ (ਗੁਰੂ ਦੀ ਅਗਵਾਈ ਵਿਚ) ਟਾਹਣੀਆਂ ਛੱਡ ਕੇ ਮੂਲ ਨੂੰ ਪਛਾਣਦਾ ਹੈ (ਪ੍ਰਭੂ ਦੀ ਰਚੀ ਮਾਇਆ ਦਾ ਮੋਹ ਛੱਡ ਕੇ ਸਿਰਜਣਹਾਰ ਪ੍ਰਭੂ ਨਾਲ ਜਾਣ-ਪਛਾਣ ਪਾਂਦਾ ਹੈ) ਉਸ ਦੇ ਮਨ ਵਿਚ ਸਦਾ-ਥਿਰ ਰਹਿਣ ਵਾਲਾ ਉਤਸ਼ਾਹ ਪੈਦਾ ਹੁੰਦਾ ਹੈ ।੧੩।

ਜੇਹੜੇ ਬੰਦੇ ਪਰਮਾਤਮਾ ਦੇ ਸੇਵਕ ਬਣਦੇ ਹਨ ਉਹਨਾਂ ਨੂੰ ਜਮ ਨਹੀਂ ਮਾਰ ਸਕਦਾ (ਆਤਮਕ ਮੌਤ ਨਹੀਂ ਮਾਰ ਸਕਦੀ), ਉਹ (ਆਤਮਕ ਮੌਤ ਦੇ) ਕਰੜੇ ਰਸਤੇ ਤੇ (ਨਹੀਂ ਪੈਂਦੇ ਤੇ) ਦੁੱਖ ਨਹੀਂ ਵੇਖਦੇ । ਉਹਨਾਂ ਦੇ ਹਿਰਦੇ ਵਿਚ ਪਰਮਾਤਮਾ ਦਾ ਨਾਮ ਵੱਸਦਾ ਹੈ (ਉਹ ਅੰਤਰ ਆਤਮੇ ਪਰਮਾਤਮਾ ਦੀ) ਭਗਤੀ ਕਰਦੇ ਹਨ । ਉਹਨਾਂ ਨੂੰ (ਮਾਇਆ ਦਾ) ਕੋਈ ਹੋਰ ਬਖੇੜਾ ਨਹੀਂ ਵਾਪਰਦਾ ।੧੪।

ਹੇ ਪ੍ਰਭੂ ! ਤੇਰੇ ਭਗਤ ਜਿਵੇਂ ਤੈਨੂੰ ਚੰਗੇ ਲੱਗਦੇ ਹਨ ਤੇਰੀ ਰਜ਼ਾ ਵਿਚ ਰਹਿੰਦੇ ਹਨ, ਉਹ ਤੇਰੀਆਂ ਸੋਹਣੀਆਂ ਸਿਫ਼ਤਾਂ ਕਰਦੇ ਰਹਿੰਦੇ ਹਨ ਉਹਨਾਂ ਦੇ ਇਸ ਉੱਦਮ ਦਾ ਖ਼ਾਤਮਾ ਨਹੀਂ ਹੁੰਦਾ । ਹੇ ਸਦਾ-ਥਿਰ ਰਹਿਣ ਵਾਲੇ ਪਾਤਿਸ਼ਾਹ ! ਤੇਰੇ ਹੁਕਮ ਅਨੁਸਾਰ ਉਹ ਤੇਰੀ ਹਜ਼ੂਰੀ ਵਿਚ ਇੱਜ਼ਤ ਨਾਲ ਸੌਖੇ ਪਹੁੰਚਦੇ ਹਨ ।੧੫।

ਹੇ ਪ੍ਰਭੂ ! ਅਨੇਕਾਂ ਹੀ ਜੀਵ ਤੇਰੇ ਗੁਣ ਕਥਨ ਕਰਦੇ ਹਨ, ਤੇਰੇ ਗੁਣਾਂ ਦਾ ਅੰਤ ਨਹੀਂ ਪਾਇਆ ਜਾ ਸਕਦਾ । (ਦੁਨੀਆ ਵਿਚ) ਵੱਡੇ ਵੱਡੇ (ਦੇਵਤੇ ਆਦਿਕ ਅਖਵਾਣ ਵਾਲੇ ਭੀ) ਤੇਰੇ ਗੁਣਾਂ ਦਾ ਅੰਤ ਨਹੀਂ ਪਾ ਸਕਦੇ । ਹੇ ਪ੍ਰਭੂ ! ਤੂੰ ਪਾਤਿਸ਼ਾਹਾਂ ਦੇ ਸਿਰ ਤੇ ਭੀ ਪਾਤਿਸ਼ਾਹ ਹੈਂ (ਮੇਰੀ ਅਰਦਾਸ ਹੈ) ਮੈਨੂੰ ਨਾਨਕ ਨੂੰ ਤੇਰਾ ਸਦਾ-ਥਿਰ ਰਹਿਣ ਵਾਲਾ ਨਾਮ ਮਿਲ ਜਾਏ, ਮੇਰੀ ਲਾਜ ਰੱਖ ।੧੬।੬।੧੨।

ਮਾਰੂ ਮਹਲਾ ੧ ਦਖਣੀ ॥ ਕਾਇਆ ਨਗਰੁ ਨਗਰ ਗੜ ਅੰਦਰਿ ॥ ਸਾਚਾ ਵਾਸਾ ਪੁਰਿ ਗਗਨੰਦਰਿ ॥ ਅਸਥਿਰੁ ਥਾਨੁ ਸਦਾ ਨਿਰਮਾਇਲੁ ਆਪੇ ਆਪੁ ਉਪਾਇਦਾ ॥੧॥ ਅੰਦਰਿ ਕੋਟ ਛਜੇ ਹਟਨਾਲੇ ॥ ਆਪੇ ਲੇਵੈ ਵਸਤੁ ਸਮਾਲੇ ॥ ਬਜਰ ਕਪਾਟ ਜੜੇ ਜੜਿ ਜਾਣੈ ਗੁਰ ਸਬਦੀ ਖੋਲਾਇਦਾ ॥੨॥ ਭੀਤਰਿ ਕੋਟ ਗੁਫਾ ਘਰ ਜਾਈ ॥ ਨਉ ਘਰ ਥਾਪੇ ਹੁਕਮਿ ਰਜਾਈ ॥ ਦਸਵੈ ਪੁਰਖੁ ਅਲੇਖੁ ਅਪਾਰੀ ਆਪੇ ਅਲਖੁ ਲਖਾਇਦਾ ॥੩॥ ਪਉਣ ਪਾਣੀ ਅਗਨੀ ਇਕ ਵਾਸਾ ॥ ਆਪੇ ਕੀਤੋ ਖੇਲੁ ਤਮਾਸਾ ॥ ਬਲਦੀ ਜਲਿ ਨਿਵਰੈ ਕਿਰਪਾ ਤੇ ਆਪੇ ਜਲ ਨਿਧਿ ਪਾਇਦਾ ॥੪॥ ਧਰਤਿ ਉਪਾਇ ਧਰੀ ਧਰਮ ਸਾਲਾ ॥ ਉਤਪਤਿ ਪਰਲਉ ਆਪਿ ਨਿਰਾਲਾ ॥ ਪਵਣੈ ਖੇਲੁ ਕੀਆ ਸਭ ਥਾਈ ਕਲਾ ਖਿੰਚਿ ਢਾਹਾਇਦਾ ॥੫॥ ਭਾਰ ਅਠਾਰਹ ਮਾਲਣਿ ਤੇਰੀ ॥ ਚਉਰੁ ਢੁਲੈ ਪਵਣੈ ਲੈ ਫੇਰੀ ॥ ਚੰਦੁ ਸੂਰਜੁ ਦੁਇ ਦੀਪਕ ਰਾਖੇ ਸਸਿ ਘਰਿ ਸੂਰੁ ਸਮਾਇਦਾ ॥੬॥ ਪੰਖੀ ਪੰਚ ਉਡਰਿ ਨਹੀ ਧਾਵਹਿ ॥ ਸਫਲਿਓ ਬਿਰਖੁ ਅੰਮ੍ਰਿਤ ਫਲੁ ਪਾਵਹਿ ॥ ਗੁਰਮੁਖਿ ਸਹਜਿ ਰਵੈ ਗੁਣ ਗਾਵੈ ਹਰਿ ਰਸੁ ਚੋਗ ਚੁਗਾਇਦਾ ॥੭॥ ਝਿਲਮਿਲਿ ਝਿਲਕੈ ਚੰਦੁ ਨ ਤਾਰਾ ॥ ਸੂਰਜ ਕਿਰਣਿ ਨ ਬਿਜੁਲਿ ਗੈਣਾਰਾ ॥ ਅਕਥੀ ਕਥਉ ਚਿਹਨੁ ਨਹੀ ਕੋਈ ਪੂਰਿ ਰਹਿਆ ਮਨਿ ਭਾਇਦਾ ॥੮॥ ਪਸਰੀ ਕਿਰਣਿ ਜੋਤਿ ਉਜਿਆਲਾ ॥ ਕਰਿ ਕਰਿ ਦੇਖੈ ਆਪਿ ਦਇਆਲਾ ॥ ਅਨਹਦ ਰੁਣ ਝੁਣਕਾਰੁ ਸਦਾ ਧੁਨਿ ਨਿਰਭਉ ਕੈ ਘਰਿ ਵਾਇਦਾ ॥੯॥ ਅਨਹਦੁ ਵਾਜੈ ਭ੍ਰਮੁ ਭਉ ਭਾਜੈ ॥ ਸਗਲ ਬਿਆਪਿ ਰਹਿਆ ਪ੍ਰਭੁ ਛਾਜੈ ॥ ਸਭ ਤੇਰੀ ਤੂ ਗੁਰਮੁਖਿ ਜਾਤਾ ਦਰਿ ਸੋਹੈ ਗੁਣ ਗਾਇਦਾ ॥੧੦॥ ਆਦਿ ਨਿਰੰਜਨੁ ਨਿਰਮਲੁ ਸੋਈ ॥ ਅਵਰੁ ਨ ਜਾਣਾ ਦੂਜਾ ਕੋਈ ॥ ਏਕੰਕਾਰੁ ਵਸੈ ਮਨਿ ਭਾਵੈ ਹਉਮੈ ਗਰਬੁ ਗਵਾਇਦਾ ॥੧੧॥ ਅੰਮ੍ਰਿਤੁ ਪੀਆ ਸਤਿਗੁਰਿ ਦੀਆ ॥ ਅਵਰੁ ਨ ਜਾਣਾ ਦੂਆ ਤੀਆ ॥ ਏਕੋ ਏਕੁ ਸੁ ਅਪਰ ਪਰੰਪਰੁ ਪਰਖਿ ਖਜਾਨੈ ਪਾਇਦਾ ॥੧੨॥ ਗਿਆਨੁ ਧਿਆਨੁ ਸਚੁ ਗਹਿਰ

ਗੰਭੀਰਾ ॥ ਕੋਇ ਨ ਜਾਣੈ ਤੇਰਾ ਚੀਰਾ ॥ ਜੇਤੀ ਹੈ ਤੇਤੀ ਤੁਧੁ ਜਾਚੈ ਕਰਮਿ ਮਿਲੈ ਸੋ ਪਾਇਦਾ ॥੧੩॥ ਕਰਮੁ ਧਰਮੁ ਸਚੁ ਹਾਥਿ ਤੁਮਾਰੈ ॥ ਵੇਪਰਵਾਹ ਅਖੁਟ ਭੰਡਾਰੈ ॥ ਤੂ ਦਇਆਲੁ ਕਿਰਪਾਲੁ ਸਦਾ ਪ੍ਰਭੁ ਆਪੇ ਮੇਲਿ ਮਿਲਾਇਦਾ ॥੧੪॥ ਆਪੇ ਦੇਖਿ ਦਿਖਾਵੈ ਆਪੇ ॥ ਆਪੇ ਥਾਪਿ ਉਥਾਪੇ ਆਪੇ ॥ ਆਪੇ ਜੋੜਿ ਵਿਛੋੜੇ ਕਰਤਾ ਆਪੇ ਮਾਰਿ ਜੀਵਾਇਦਾ ॥੧੫॥ ਜੇਤੀ ਹੈ ਤੇਤੀ ਤੁਧੁ ਅੰਦਰਿ ॥ ਦੇਖਹਿ ਆਪਿ ਬੈਸਿ ਬਿਜ ਮੰਦਰਿ ॥ ਨਾਨਕੁ ਸਾਚੁ ਕਹੈ ਬੇਨੰਤੀ ਹਰਿ ਦਰਸਨਿ ਸੁਖੁ ਪਾਇਦਾ ॥੧੬॥੧॥੧੩॥ {ਪੰਨਾ ੧੦੩੩-੧੦੩੪}

ਨੋਟ :—ਮਾਰੂ ਦਖਣੀ—ਦਖਣੀ ਕਿਸਮ ਦੀ ਮਾਰੂ ਰਾਗਣੀ ।

ਪਦ ਅਰਥ :—ਕਾਇਆ—ਸਰੀਰ । ਗੜ—ਗੜ੍ਹ, ਕਿਲ੍ਹੇ । ਸਾਚਾ—ਸਦਾ-ਥਿਰ ਰਹਿਣ ਵਾਲਾ । ਪੁਰਿ—ਪੁਰ ਵਿਚ, ਸ਼ਹਿਰ ਵਿਚ । ਗਗਨੰਦਰਿ—ਗਗਨ ਅੰਦਰਿ, ਗਗਨ ਵਿਚ, ਆਕਾਸ਼ ਵਿਚ, ਚਿਤ-ਆਕਾਸ਼ ਵਿਚ, ਦਿਮਾਗ਼ ਵਿਚ । ਨਿਰਮਾਇਲੁ—ਨਿਰਮਲ, ਪਵਿਤ੍ਰ । ਆਪੁ—ਆਪਣੇ ਆਪ ਨੂੰ । ਉਪਾਇਦਾ—ਪਰਗਟ ਕਰਦਾ ਹੈ, ਟਿਕਾਂਦਾ ਹੈ ।੧।

ਹਟਨਾਲੇ—ਬਾਜ਼ਾਰ (ਜਿਥੇ ਨਾਲੋ ਨਾਲ ਹੱਟ ਹਨ) । ਛਜੇ—ਛੱਜੇ ।

ਲੇਵੈ—ਲੈਂਦਾ ਹੈ, ਖ਼ਰੀਦਦਾ ਹੈ । ਬਜਰ ਕਪਾਟ—ਕਰੜੇ ਦਰਵਾਜ਼ੇ । ਜੜਿ ਜਾਣੈ—ਬੰਦ ਕਰਨੇ ਜਾਣਦਾ ਹੈ ।੨।

ਘਰ ਜਾਈ—ਘਰ ਦੀ ਥਾਂ । ਨਉ ਘਰ—ਨੌ ਗੋਲਕਾਂ, ਨੌ ਇੰਦ੍ਰੇ । ਦਸਵੈ—ਦਸਵੇਂ ਘਰ ਵਿਚ ।੩।

ਇਕ ਵਾਸਾ—ਇਕੱਠੇ ਵਸਾਏ ਹਨ । ਜਲਿ—ਪਾਣੀ ਨਾਲ । ਨਿਵਰੈ—ਬੁੱਝ ਜਾਂਦੀ ਹੈ । ਜਲ ਨਿਧਿ—ਸਮੁੰਦਰ (ਵਿਚ) ।੪।

ਧਰਮਸਾਲਾ—ਧਰਮ ਕਮਾਣ ਦੀ ਥਾਂ । ਉਤਪਤਿ—ਪੈਦਾਇਸ਼ । ਪਰਲਉ—ਨਾਸ । ਪਵਣੈ—ਸੁਆਸਾਂ ਦਾ ।੫।

ਭਾਰ ਅਠਾਰਹ—ਸਾਰੀ ਬਨਸਪਤੀ । ਝੁਲੈ—ਝੁਲਦਾ ਹੈ । ਪਵਣੈ—ਪਵਣ ਦਾ । ਸਸਿ—ਚੰਦ੍ਰਮਾ । ਸੂਰੁ—ਸੂਰਜ ।੬।

ਪੰਖੀ ਪੰਚ—(ਗੁਰਮੁਖ ਬਿਰਖ ਦੇ) ਪੰਜ ਗਿਆਨ-ਇੰਦ੍ਰੇ ਪੰਛੀ । ਉਡਰਿ—ਉੱਡ ਕੇ । ਰਵੈ—ਸਿਮਰਦਾ ਹੈ ।੭।

ਝਿਲਮਿਲ—ਬੜੀ ਚਮਕ ਨਾਲ । ਝਿਲਕੈ—ਲਿਸ਼ਕਦਾ ਹੈ । ਗੈਣਾਰਾ—ਆਕਾਸ਼ । ਅਕਥੀ—ਉਹ ਅਵਸਥਾ ਜਿਸ ਦਾ ਬਿਆਨ ਨਾਹ ਹੋ ਸਕੇ । ਕਥਉ—ਮੈਂ ਦੱਸਦਾ ਹਾਂ ।੮।

ਰੁਣਝੁਣਕਾਰੁ—ਇਕ-ਰਸ ਮਿੱਠੀ ਮਿੱਠੀ ਆਵਾਜ਼ । ਵਾਇਦਾ—ਵਜਾਂਦਾ ਹੈ ।੯।

ਅਨਹਦੁ—ਇਕ-ਰਸ, ਲਗਾਤਾਰ । ਛਾਜੈ—ਛਾ ਰਿਹਾ ਹੈ, ਪਸਰ ਰਿਹਾ ਹੈ, ਵਿਆਪਕ ਹੈ ।੧੦।

ਨਿਰੰਜਨੁ—{ਨਿਰ-ਅੰਜਨ} ਮਾਇਆ ਦੇ ਪ੍ਰਭਾਵ ਤੋਂ ਰਹਿਤ । ਏਕੰਕਾਰੁ—ਇਕ ਅਕਾਲ ਪੁਰਖ ।੧੧।

ਸਤਿਗੁਰਿ—ਗੁਰੂ ਨੇ । ਅਪਰ—ਜਿਸ ਤੋਂ ਪਰੇ ਕੋਈ ਨਹੀਂ । ਪਰੰਪਰ—ਪਰੇ ਤੋਂ ਪਰੇ ।੧੨।

ਗਹਿਰ—ਡੂੰਘਾ । ਗੰਭੀਰਾ—ਵੱਡੇ ਜਿਗਰੇ ਵਾਲਾ । ਚੀਰਾ—ਪੱਲਾ, ਪਾਟ, ਖਿਲਾਰਾ । ਜਾਚੈ—ਮੰਗਦੀ ਹੈ । ਕਰਮਿ—ਬਖ਼ਸ਼ਸ਼ ਦੀ ਰਾਹੀਂ ।੧੩।

ਸਚੁ—ਸਦਾ-ਥਿਰ ਰਹਿਣ ਵਾਲਾ । ਹਾਥਿ—ਹੱਥ ਵਿਚ । ਭੰਡਾਰੈ—ਖ਼ਜ਼ਾਨੇ ਵਿਚ ।੧੪।

ਉਥਾਪੇ—ਨਾਸ ਕਰਦਾ ਹੈ, ਉਖੇੜਦਾ ਹੈ ।੧੫।

ਤੇਤੀ—ਉਹ ਸਾਰੀ (ਲੁਕਾਈ) । ਬੈਸਿ—ਬੈਠ ਕੇ । ਬਿਜ ਮੰਦਰਿ—ਪੱਕੇ ਮੰਦਰ ਵਿਚ ।੧੬।

ਅਰਥ :—(ਲੋਕ ਆਪਣੇ ਵੱਸਣ ਵਾਸਤੇ ਸ਼ਹਿਰ ਵਸਾਂਦੇ ਹਨ ਤੇ ਰਾਖੀ ਵਾਸਤੇ ਕਿਲ੍ਹੇ ਬਣਾਂਦੇ ਹਨ, ਇਹਨਾਂ) ਸ਼ਹਿਰਾਂ ਤੇ ਕਿਲ੍ਹਿਆਂ (ਦੀ ਗਿਣਤੀ) ਵਿਚ (ਮਨੁੱਖਾ) ਸਰੀਰ ਭੀ ਇਕ ਸ਼ਹਿਰ ਹੈ (ਇਹ ਸ਼ਹਿਰ ਪਰਮਾਤਮਾ ਨੇ ਆਪਣੇ ਵੱਸਣ ਲਈ ਵਸਾਇਆ ਹੈ), ਇਸ ਸ਼ਹਿਰ ਵਿਚ ਇਸ ਦੇ ਦਸਮ ਦੁਆਰ ਵਿਚ ਪ੍ਰਭੂ ਸਦਾ-ਥਿਰ ਨਿਵਾਸ ਹੈ । ਉਹ ਪਰਮਾਤਮਾ ਪਵਿਤ੍ਰ-ਸਰੂਪ ਹੈ, ਉਸ ਦਾ ਟਿਕਾਣਾ ਸਦਾ ਕਾਇਮ ਰਹਿਣ ਵਾਲਾ ਹੈ, ਉਹ ਆਪ ਹੀ ਆਪਣੇ ਆਪ ਨੂੰ (ਸਰੀਰਾਂ ਦੇ ਰੂਪ ਵਿਚ) ਪਰਗਟ ਕਰਦਾ ਹੈ ।੧।

ਇਸ (ਸਰੀਰ-) ਕਿਲ੍ਹੇ ਦੇ ਅੰਦਰ ਹੀ, ਮਾਨੋ, ਛੱਜੇ ਤੇ ਬਾਜ਼ਾਰ ਹਨ ਜਿਨ੍ਹਾਂ ਵਿਚ ਪ੍ਰਭੂ ਆਪ ਹੀ ਸੌਦਾ ਖ਼ਰੀਦਦਾ ਹੈ ਤੇ ਸਾਂਭਦਾ ਹੈ । (ਮਾਇਆ ਦੇ ਮੋਹ ਦੇ) ਕਰੜੇ ਕਵਾੜ ਭੀ ਅੰਦਰ ਜੜੇ ਪਏ ਹਨ, ਪਰਮਾਤਮਾ ਆਪ ਹੀ ਇਹ ਕਵਾੜ ਬੰਦ ਕਰਨੇ ਜਾਣਦਾ ਹੈ ਤੇ ਆਪ ਹੀ ਗੁਰੂ ਦੇ ਸ਼ਬਦ ਵਿਚ (ਜੀਵ ਨੂੰ ਜੋੜ ਕੇ ਕਵਾੜ) ਖੁਲ੍ਹਾ ਦੇਂਦਾ ਹੈ ।੨।

ਇਸ (ਸਰੀਰ) ਕਿਲ੍ਹੇ ਗੁਫ਼ਾ ਵਿਚ ਪਰਮਾਤਮਾ ਦੀ ਰਿਹੈਸ਼ ਦਾ ਥਾਂ ਹੈ । ਰਜ਼ਾ ਦੇ ਮਾਲਕ ਪ੍ਰਭੂ ਨੇ ਆਪਣੇ ਹੁਕਮ ਵਿਚ ਹੀ (ਇਸ ਕਿਲ੍ਹੇ ਵਿਚ) ਨੌ ਘਰ ਬਣਾ ਦਿੱਤੇ ਹਨ (ਜੋ ਪਰਤੱਖ ਦਿਸਦੇ ਹਨ) । ਦਸਵੇਂ ਘਰ ਵਿਚ (ਜੋ ਗੁਪਤ ਹੈ) ਸਰਬ-ਵਿਆਪਕ ਲੇਖੇ ਤੋਂ ਰਹਿਤ ਤੇ ਬੇਅੰਤ ਪ੍ਰਭੂ ਆਪ ਵੱਸਦਾ ਹੈ । ਉਹ ਅਦ੍ਰਿਸ਼ਟ ਪ੍ਰਭੂ ਆਪ ਹੀ ਆਪਣੇ ਆਪ ਦਾ ਦਰਸ਼ਨ ਕਰਾਂਦਾ ਹੈ ।੩।

(ਇਸ ਸਰੀਰ ਵਿਚ ਉਸ ਨੇ) ਹਵਾ, ਪਾਣੀ, ਅੱਗ (ਆਦਿਕ ਤੱਤਾਂ) ਨੂੰ ਇਕੱਠੇ ਵਸਾ ਦਿੱਤਾ ਹੈ । (ਜਗਤ-ਰਚਨਾ ਦਾ) ਖੇਲ ਤੇ ਤਮਾਸ਼ਾ ਉਸ ਨੇ ਆਪ ਹੀ ਰਚਿਆ ਹੋਇਆ ਹੈ । ਜੇਹੜੀ ਬਲਦੀ ਅੱਗ ਉਸ ਦੀ ਕਿਰਪਾ ਦੀ ਰਾਹੀਂ ਪਾਣੀ ਨਾਲ ਬੁੱਝ ਜਾਂਦੀ ਹੈ ਉਹ ਅੱਗ (ਬੜਵਾ ਅਗਨੀ) ਉਸ ਨੇ ਸਮੁੰਦਰ ਵਿਚ ਟਿਕਾ ਰੱਖੀ ਹੈ ।੪।

ਧਰਤੀ ਪੈਦਾ ਕਰ ਕੇ ਪਰਮਾਤਮਾ ਨੇ ਇਸ ਨੂੰ ਧਰਮ ਕਮਾਣ ਲਈ ਥਾਂ ਬਣਾ ਦਿੱਤਾ ਹੈ । ਜਗਤ ਦੀ ਉਤਪੱਤੀ ਤੇ ਪਰਲੋ ਕਰਨ ਵਾਲਾ ਆਪ ਹੀ ਹੈ, ਪਰ ਆਪ ਇਸ ਉਤਪੱਤੀ ਪਰਲੋ ਤੋਂ ਨਿਰਲੇਪ ਰਹਿੰਦਾ ਹੈ । ਹਰ ਥਾਂ (ਭਾਵ, ਸਭ ਜੀਵਾਂ ਵਿਚ) ਉਸ ਨੇ ਸੁਆਸਾਂ ਦੀ ਖੇਡ ਰਚੀ ਹੋਈ ਹੈ (ਭਾਵ, ਸੁਆਸਾਂ ਦੇ ਆਸਰੇ ਜੀਵ ਜਿਊਂਦੇ ਰੱਖੇ ਹੋਏ ਹਨ), ਆਪ ਹੀ (ਇਹ ਸੁਆਸਾਂ ਦੀ) ਤਾਕਤ ਖਿੱਚ ਕੇ (ਕੱਢ ਕੇ ਸਰੀਰਾਂ ਦੀ ਖੇਡ ਨੂੰ) ਢਾਹ ਦੇਂਦਾ ਹੈ ।੫।

ਹੇ ਪ੍ਰਭੂ ! ਸਾਰੀ ਸ੍ਰਿਸ਼ਟੀ ਦੀ ਬਨਸਪਤੀ (ਤੇਰੇ ਅੱਗੇ ਫੁੱਲ ਭੇਟਾ ਕਰਨ ਵਾਲੀ) ਤੇਰੀ ਮਾਲਣ ਹੈ (ਜੇਹੜੀ ਹਵਾ) ਫੇਰੀਆਂ ਲੈਂਦੀ ਹੈ (ਭਾਵ, ਹਰ ਪਾਸੇ ਚੱਲਦੀ ਹੈ, ਉਸ) ਹਵਾ ਦਾ (ਮਾਨੋ) ਚਉਰ (ਤੇਰੇ ਉਤੇ) ਝੁਲ ਰਿਹਾ ਹੈ । (ਆਪਣੇ ਜਗਤ-ਮਹੱਲ ਵਿਚ) ਤੂੰ ਆਪ ਹੀ ਚੰਦ ਅਤੇ ਸੂਰਜ (ਮਾਨੋ) ਦੋ ਦੀਵੇ (ਜਗਾ) ਰੱਖੇ ਹਨ, ਚੰਦ੍ਰਮਾ ਦੇ ਘਰ ਵਿਚ ਸੂਰਜ ਸਮਾਇਆ ਹੋਇਆ ਹੈ (ਸੂਰਜ ਦੀਆਂ ਕਿਰਨਾਂ ਚੰਦ੍ਰਮਾ ਵਿਚ ਪੈ ਕੇ ਚੰਦ੍ਰਮਾ ਨੂੰ ਰੌਸ਼ਨੀ ਦੇ ਰਹੀਆਂ ਹਨ) ।੬।

ਗੁਰੂ (ਮਾਨੋ) ਫਲ ਦੇਣ ਵਾਲਾ ਰੁੱਖ ਹੈ (ਇਸ ਰੁੱਖ ਤੋਂ ਜੇਹੜੇ) ਗੁਰਮੁਖ ਆਤਮਕ ਜੀਵਨ ਦੇਣ ਵਾਲਾ ਨਾਮ-ਫਲ ਪ੍ਰਾਪਤ ਕਰਦੇ ਹਨ, ਉਹਨਾਂ ਦੇ (ਗਿਆਨ-ਇੰਦ੍ਰੇ) ਪੰਛੀ ਉੱਡ ਕੇ ਬਾਹਰ (ਵਿਕਾਰਾਂ ਵਲ) ਦੌੜਦੇ ਨਹੀਂ ਫਿਰਦੇ । ਗੁਰੂ ਦੇ ਸਨਮੁਖ ਰਹਿਣ ਵਾਲਾ ਜੀਵ-ਪੰਛੀ ਆਤਮਕ ਅਡੋਲਤਾ ਵਿਚ ਰਹਿ ਕੇ ਨਾਮ ਸਿਮਰਦਾ ਹੈ ਤੇ ਪ੍ਰਭੂ ਦੇ ਗੁਣ ਗਾਂਦਾ ਹੈ । ਪ੍ਰਭੂ ਆਪ ਹੀ ਉਸ ਨੂੰ ਆਪਣਾ ਨਾਮ-ਰਸ (ਰੂਪ) ਚੋਗ ਚੁਗਾਂਦਾ ਹੈ ।੭।

('ਸਫਲ ਬਿਰਖ' ਗੁਰੂ ਪਾਸੋਂ ਆਤਮਕ ਜੀਵਨ ਦੇਣ ਵਾਲਾ ਨਾਮ-ਫਲ ਪ੍ਰਾਪਤ ਕਰਨ ਵਾਲੇ ਗੁਰਮੁਖ ਦੇ ਅੰਦਰ ਆਤਮ-ਪਰਕਾਸ਼ ਪੈਦਾ ਹੁੰਦਾ ਹੈ ਜੋ) ਐਸਾ ਝਿਲਮਿਲ ਝਿਲਮਿਲ ਕਰ ਕੇ ਚਮਕਾਰੇ ਮਾਰਦਾ ਹੈ ਕਿ ਉਸ ਦੀ ਚਮਕ ਤਕ ਨਾਹ ਚੰਦ, ਨਾਹ ਕੋਈ ਤਾਰਾ, ਨਾਹ ਸੂਰਜ ਦੀ ਕਿਰਣ, ਅਤੇ ਨਾਹ ਹੀ ਆਕਾਸ਼ ਦੀ ਬਿਜਲੀ ਪਹੁੰਚ ਸਕਦੀ ਹੈ (ਬਰਾਬਰੀ ਕਰ ਸਕਦੀ ਹੈ) । (ਮੈਂ ਉਸ ਪਰਕਾਸ਼ ਦਾ) ਬਿਆਨ ਤਾਂ ਕਰ ਰਿਹਾ ਹਾਂ (ਪਰ ਉਹ ਪਰਕਾਸ਼) ਬਿਆਨ ਤੋਂ ਬਾਹਰ ਹੈ ਉਸ ਦਾ ਕੋਈ ਨਿਸ਼ਾਨ ਨਹੀਂ ਦਿੱਤਾ ਜਾ ਸਕਦਾ । (ਜਿਸ ਮਨੁੱਖ ਦੇ ਅੰਦਰ ਉਹ ਪਰਕਾਸ਼ ਆਪਣਾ) ਜ਼ਹੂਰ ਕਰਦਾ ਹੈ ਉਸ ਦੇ ਮਨ ਵਿਚ ਉਹ ਬੜਾ ਪਿਆਰਾ ਲੱਗਦਾ ਹੈ ।੮।

(ਜਿਸ ਗੁਰਮੁਖ ਦੇ ਅੰਦਰ 'ਸਫਲ ਬਿਰਖ' ਗੁਰੂ ਦੀ ਮੇਹਰ ਨਾਲ) ਰੱਬੀ ਜੋਤਿ ਦੀ ਕਿਰਣ ਪਰਕਾਸ਼ਦੀ ਹੈ ਉਸ ਦੇ ਅੰਦਰ (ਆਤਮਕ) ਚਾਨਣ ਹੋ ਜਾਂਦਾ ਹੈ । ਦਇਆ ਦਾ ਸੋਮਾ ਪ੍ਰਭੂ ਆਪ ਹੀ ਇਹ ਕੌਤਕ ਕਰ ਕਰ ਕੇ ਵੇਖਦਾ ਹੈ । (ਉਸ ਗੁਰਮੁਖ ਦੇ ਅੰਦਰ, ਮਾਨੋ) ਇਕ-ਰਸ ਮਿੱਠੀ ਮਿੱਠੀ ਸੁਰ ਵਾਲਾ ਗੀਤ ਚੱਲ ਪੈਂਦਾ ਹੈ ਜਿਸ ਦੀ ਧੁਨਿ ਸਦਾ (ਉਸ ਦੇ ਅੰਦਰ ਜਾਰੀ ਰਹਿੰਦੀ ਹੈ) । (ਉਹ ਗੁਰਮੁਖ ਆਪਣੇ ਅੰਦਰ, ਮਾਨੋ, ਐਸਾ ਸਾਜ਼) ਵਜਾਣ ਲੱਗ ਪੈਂਦਾ ਹੈ (ਜਿਸ ਦੀ ਬਰਕਤਿ ਨਾਲ) ਉਹ ਨਿਡਰਤਾ ਦੇ ਆਤਮਕ ਟਿਕਾਣੇ ਵਿਚ (ਟਿਕ ਜਾਂਦਾ ਹੈ) ।੯।

(ਉਸ ਗੁਰਮੁਖ ਦੇ ਹਿਰਦੇ ਵਿਚ) ਇਕ-ਰਸ (ਸਿਫ਼ਤਿ-ਸਾਲਾਹ ਦਾ ਵਾਜਾ ਵੱਜਦਾ ਰਹਿੰਦਾ ਹੈ, (ਉਸ ਦੇ ਅੰਦਰੋਂ) ਭਟਕਣਾ ਤੇ ਡਰ-ਸਹਿਮ ਦੂਰ ਹੋ ਜਾਂਦਾ ਹੈ (ਉਸ ਨੂੰ ਪਰਤੱਖ ਦਿੱਸ ਪੈਂਦਾ ਹੈ ਕਿ) ਪਰਮਾਤਮਾ ਸਾਰੇ ਸੰਸਾਰ ਵਿਚ ਮੌਜੂਦ ਹੈ ਤੇ ਸਭ ਉਤੇ (ਆਪਣੀ ਰੱਖਿਆ ਦੀ) ਛਾਂ ਕਰ ਰਿਹਾ ਹੈ ।

ਹੇ ਪ੍ਰਭੂ ! ਇਹ ਸਾਰੀ ਰਚਨਾ ਤੇਰੀ ਹੈ (ਤੇ ਤੂੰ ਹੀ ਇਸ ਦੀ ਰਾਖੀ ਕਰਨ ਵਾਲਾ ਹੈਂ)—('ਸਫਲ ਬਿਰਖ' ਗੁਰੂ ਤੋਂ ਨਾਮ-ਫਲ ਪ੍ਰਾਪਤ ਕਰਨ ਵਾਲਾ) ਗੁਰਮੁਖ ਇਹ ਗੱਲ ਸਮਝ ਲੈਂਦਾ ਹੈ, ਉਹ ਗੁਰਮੁਖ ਤੇਰੇ ਗੁਣ ਗਾਂਦਾ ਹੈ ਤੇ ਤੇਰੇ ਦਰ ਤੇ ਸੋਭਾ ਪਾਂਦਾ ਹੈ ।੧੦।

ਉਸ ਗੁਰਮੁਖ ਨੇ ਜਾਣ ਲਿਆ ਹੈ ਕਿ ਉਹ ਪਵਿੱਤ੍ਰ-ਸਰੂਪ ਪਰਮਾਤਮਾ ਹੀ ਸਾਰੀ ਸ੍ਰਿਸ਼ਟੀ ਦਾ ਮੁੱਢ ਹੈ ਤੇ ਮਾਇਆ ਦੇ ਪ੍ਰਭਾਵ ਤੋਂ ਉਤਾਂਹ ਹੈ, ਉਸ ਵਰਗਾ ਦੂਜਾ ਹੋਰ ਕੋਈ ਨਹੀਂ ਹੈ । ਉਸ ਗੁਰਮੁਖ ਦੇ ਮਨ ਵਿਚ ਉਹੀ ਇੱਕ ਅਕਾਲ ਪੁਰਖ ਵੱਸਦਾ ਹੈ ਤੇ ਮਨ ਵਿਚ ਪਿਆਰਾ ਲੱਗਦਾ ਹੈ (ਇਸ ਦੀ ਬਰਕਤਿ ਨਾਲ ਉਹ ਆਪਣੇ ਅੰਦਰੋਂ) ਹਉਮੈ ਅਹੰਕਾਰ ਦੂਰ ਕਰ ਲੈਂਦਾ ਹੈ ।੧੧।

ਜਿਸ ਗੁਰਮੁਖ ਨੂੰ ਸਤਿਗੁਰੂ ਨੇ ਨਾਮ-ਅੰਮ੍ਰਿਤ ਦਿੱਤਾ ਤੇ ਉਸ ਨੇ ਲੈ ਕੇ ਪੀਤਾ ਉਸ ਨੂੰ ਜਗਤ ਵਿਚ ਕਿਤੇ ਭੀ ਪਰਮਾਤਮਾ ਤੋਂ ਬਿਨਾ ਹੋਰ ਕੋਈ ਦੂਜਾ ਤੀਜਾ ਨਹੀਂ ਦਿੱਸਦਾ, (ਉਸ ਦੇ ਅੰਦਰ ਕੋਈ ਮੇਰ-ਤੇਰ ਨਹੀਂ ਰਹਿ ਜਾਂਦੀ) । (ਉਸ ਗੁਰਮੁਖ ਨੂੰ ਨਿਸ਼ਚਾ ਹੋ ਜਾਂਦਾ ਹੈ ਕਿ ਹਰ ਥਾਂ) ਇਕੋ ਇਕ ਅਪਰ ਅਪਾਰ ਪਰਮਾਤਮਾ ਆਪ ਹੀ ਹੈ, ਉਹ ਆਪ ਹੀ ਜੀਵਾਂ ਦੇ ਕਰਮਾਂ ਨੂੰ) ਪਰਖ ਕੇ (ਤੇ ਪਸੰਦ ਕਰ ਕੇ ਉਹਨਾਂ ਨੂੰ) ਆਪਣੇ ਖ਼ਜ਼ਾਨੇ ਵਿਚ ਰਲਾ ਲੈਂਦਾ ਹੈ ।੧੨।

ਹੇ ਡੂੰਘੇ ਤੇ ਵੱਡੇ ਜਿਗਰੇ ਵਾਲੇ ! ਤੇਰੇ ਨਾਲ ਜਾਣ-ਪਛਾਣ ਪਾਣੀ ਤੇ ਤੇਰੇ ਚਰਨਾਂ ਵਿਚ ਜੁੜਨਾ ਹੀ ਸਦਾ-ਥਿਰ ਰਹਿਣ ਵਾਲਾ (ਉੱਦਮ) ਹੈ । (ਤੂੰ ਇਕ ਐਸਾ ਬੇਅੰਤ ਸਮੁੰਦਰ ਹੈਂ ਕਿ) ਤੇਰਾ ਖਿਲਾਰ ਕੋਈ ਸਮਝ ਨਹੀਂ ਸਕਦਾ । ਜਿਤਨੀ ਭੀ ਸ੍ਰਿਸ਼ਟੀ ਹੈ ਇਹ ਸਾਰੀ ਦੀ ਸਾਰੀ ਤੈਥੋਂ ਹੀ (ਹਰੇਕ ਪਦਾਰਥ) ਮੰਗਦੀ ਹੈ । ਉਹ ਹੀ ਜੀਵ ਕੁਝ ਪ੍ਰਾਪਤ ਕਰਦਾ ਹੈ ਜਿਸ ਨੂੰ ਤੇਰੀ ਬਖ਼ਸ਼ਸ਼ ਨਾਲ ਕੁਝ ਮਿਲਦਾ ਹੈ ।੧੩।

ਹੇ ਬੇ-ਪਰਵਾਹ ਪ੍ਰਭੂ ! (ਲੋਕ ਆਪੋ ਆਪਣੀ ਸਮਝ ਅਨੁਸਾਰ ਧਾਰਮਿਕ ਮਿਥੇ ਕਰਮ ਕਰਦੇ ਹਨ, ਪਰ) ਤੇਰੇ ਸਦਾ-ਥਿਰ ਨਾਮ ਦਾ ਸਿਮਰਨ ਹੀ ਅਸਲ ਕਰਮ ਹੈ ਅਸਲ ਧਰਮ ਹੈ, ਤੇ ਇਹ ਨਾਮ ਤੇਰੇ ਕਦੇ ਨਾਹ ਮੁੱਕਣ ਵਾਲੇ ਖ਼ਜ਼ਾਨੇ ਵਿਚ ਮੌਜੂਦ ਹੈ । ਹੇ ਪ੍ਰਭੂ ! ਤੂੰ ਸਦਾ ਦਇਆ ਦਾ ਕਿਰਪਾ ਦਾ ਘਰ ਹੈ, ਸਭ ਦਾ ਮਾਲਕ (ਪ੍ਰਭੂ) ਹੈਂ, ਤੂੰ ਆਪ ਹੀ (ਆਪਣੇ ਖ਼ਜ਼ਾਨੇ ਵਿਚੋਂ ਇਹ ਦਾਤਿ ਦੇ ਕੇ) ਆਪਣੀ ਸੰਗਤਿ ਵਿਚ ਮਿਲਾ ਲੈਂਦਾ ਹੈ ।੧੪।

ਪ੍ਰਭੂ ਆਪ ਹੀ (ਜੀਵਾਂ ਦੀ) ਸੰਭਾਲ ਕਰ ਕੇ ਆਪ ਹੀ (ਜੀਵਾਂ ਨੂੰ) ਆਪਣਾ ਦਰਸ਼ਨ ਕਰਾਂਦਾ ਹੈ । ਆਪ ਹੀ ਪੈਦਾ ਕਰਦਾ ਹੈ ਆਪ ਨਾਸ ਕਰਦਾ ਹੈ । ਕਰਤਾਰ ਆਪ ਹੀ (ਆਪਣੇ ਚਰਨਾਂ ਵਿਚ) ਜੋੜਦਾ ਹੈ, ਆਪ ਹੀ (ਚਰਨਾਂ ਤੋਂ) ਵਿਛੋੜਦਾ ਹੈ, ਆਪ ਹੀ (ਕਿਸੇ ਨੂੰ) ਆਤਮਕ ਮੌਤੇ ਮਾਰਦਾ ਹੈ, ਆਪ ਹੀ ਆਤਮਕ ਜੀਵਨ ਦੇਂਦਾ ਹੈ ।੧੫।

ਇਹ ਜਿਤਨੀ ਭੀ ਸ੍ਰਿਸ਼ਟੀ ਹੈ ਸਾਰੀ ਦੀ ਸਾਰੀ ਤੇਰੇ ਹੁਕਮ ਦੇ ਅੰਦਰ ਚੱਲ ਰਹੀ ਹੈ । ਤੂੰ ਆਪਣੇ ਸਦਾ-ਥਿਰ ਮਹਿਲ ਵਿਚ ਬੈਠ ਕੇ ਆਪ ਹੀ ਸਭ ਦੀ ਸੰਭਾਲ ਕਰ ਰਿਹਾ ਹੈਂ । ਹੇ ਹਰੀ ! ਤੇਰਾ ਦਾਸ ਨਾਨਕ ਤੇਰਾ ਸਦਾ-ਥਿਰ ਨਾਮ ਸਿਮਰਦਾ ਹੈ (ਤੇਰੇ ਦੀਦਾਰ ਵਾਸਤੇ ਤੇਰੇ ਦਰ ਤੇ) ਬੇਨਤੀ ਕਰਦਾ ਹੈ (ਜਿਸ ਨੂੰ ਤੇਰਾ ਦੀਦਾਰ ਨਸੀਬ ਹੁੰਦਾ ਹੈ, ਉਹ ਉਸ) ਦੀਦਾਰ ਦੀ ਬਰਕਤਿ ਨਾਲ ਆਤਮਕ ਆਨੰਦ ਪ੍ਰਾਪਤ ਕਰਦਾ ਹੈ ।੧੬।੧।੧੩।

ਮਾਰੂ ਮਹਲਾ ੧ ॥ ਦਰਸਨੁ ਪਾਵਾ ਜੇ ਤੁਧੁ ਭਾਵਾ ॥ ਭਾਇ ਭਗਤਿ ਸਾਚੇ ਗੁਣ ਗਾਵਾ ॥ ਤੁਧੁ ਭਾਣੇ ਤੂ ਭਾਵਹਿ ਕਰਤੇ ਆਪੇ ਰਸਨ ਰਸਾਇਦਾ ॥੧॥ ਸੋਹਨਿ ਭਗਤ ਪ੍ਰਭੂ ਦਰਬਾਰੇ ॥ ਮੁਕਤੁ ਭਏ ਹਰਿ ਦਾਸ ਤੁਮਾਰੇ ॥ ਆਪੁ ਗਵਾਇ ਤੇਰੈ ਰੰਗਿ ਰਾਤੇ ਅਨਦਿਨੁ ਨਾਮੁ ਧਿਆਇਦਾ ॥੨॥ ਈਸਰੁ ਬ੍ਰਹਮਾ ਦੇਵੀ ਦੇਵਾ ॥ ਇੰਦ੍ਰ ਤਪੇ ਮੁਨਿ ਤੇਰੀ ਸੇਵਾ ॥ ਜਤੀ ਸਤੀ ਕੇਤੇ ਬਨਵਾਸੀ ਅੰਤੁ ਨ ਕੋਈ ਪਾਇਦਾ ॥੩॥ ਵਿਣੁ ਜਾਣਾਏ ਕੋਇ ਨ ਜਾਣੈ ॥ ਜੋ ਕਿਛੁ ਕਰੇ ਸੁ ਆਪਣ ਭਾਣੈ ॥ ਲਖ ਚਉਰਾਸੀਹ ਜੀਅ ਉਪਾਏ ਭਾਣੈ ਸਾਹ ਲਵਾਇਦਾ ॥੪॥ ਜੋ ਤਿਸੁ ਭਾਵੈ ਸੋ ਨਿਹਚਉ ਹੋਵੈ ॥ ਮਨਮੁਖੁ ਆਪੁ ਗਣਾਏ ਰੋਵੈ ॥ ਨਾਵਹੁ ਭੁਲਾ ਠਉਰ ਨ ਪਾਏ ਆਇ ਜਾਇ ਦੁਖੁ ਪਾਇਦਾ ॥੫॥ ਨਿਰਮਲ ਕਾਇਆ ਊਜਲ ਹੰਸਾ ॥ ਤਿਸੁ ਵਿਚਿ ਨਾਮੁ ਨਿਰੰਜਨ ਅੰਸਾ ॥ ਸਗਲੇ ਦੂਖ ਅੰਮ੍ਰਿਤੁ ਕਰਿ ਪੀਵੈ ਬਾਹੁੜਿ ਦੂਖੁ ਨ ਪਾਇਦਾ ॥੬॥ ਬਹੁ ਸਾਦਹੁ ਦੂਖੁ ਪਰਾਪਤਿ ਹੋਵੈ ॥ ਭੋਗਹੁ ਰੋਗ ਸੁ ਅੰਤਿ ਵਿਗੋਵੈ ॥ ਹਰਖਹੁ ਸੋਗੁ ਨ ਮਿਟਈ ਕਬਹੂ ਵਿਣੁ ਭਾਣੇ ਭਰਮਾਇਦਾ ॥੭॥ ਗਿਆਨ ਵਿਹੂਣੀ ਭਵੈ ਸਬਾਈ ॥ ਸਾਚਾ ਰਵਿ ਰਹਿਆ ਲਿਵ ਲਾਈ ॥ ਨਿਰਭਉ ਸਬਦੁ ਗੁਰੂ ਸਚੁ ਜਾਤਾ ਜੋਤੀ ਜੋਤਿ ਮਿਲਾਇਦਾ ॥੮॥ ਅਟਲੁ ਅਡੋਲੁ ਅਤੋਲੁ ਮੁਰਾਰੇ ॥ ਖਿਨ ਮਹਿ ਢਾਹਿ ਫੇਰਿ ਉਸਾਰੇ ॥ ਰੂਪੁ ਨ ਰੇਖਿਆ ਮਿਤਿ ਨਹੀ ਕੀਮਤਿ ਸਬਦਿ ਭੇਦਿ ਪਤੀਆਇਦਾ ॥੯॥ ਹਮ ਦਾਸਨ ਕੇ ਦਾਸ ਪਿਆਰੇ ॥ ਸਾਧਿਕ ਸਾਚ ਭਲੇ ਵੀਚਾਰੇ ॥ ਮੰਨੇ ਨਾਉ ਸੋਈ ਜਿਣਿ ਜਾਸੀ ਆਪੇ ਸਾਚੁ ਦ੍ਰਿੜਾਇਦਾ ॥੧੦॥ ਪਲੈ ਸਾਚੁ ਸਚੇ ਸਚਿਆਰਾ ॥ ਸਾਚੇ ਭਾਵੈ ਸਬਦੁ ਪਿਆਰਾ ॥ ਤ੍ਰਿਭਵਣਿ ਸਾਚੁ ਕਲਾ ਧਰਿ ਥਾਪੀ ਸਾਚੇ ਹੀ ਪਤੀਆਇਦਾ ॥੧੧॥ ਵਡਾ ਵਡਾ ਆਖੈ ਸਭੁ ਕੋਈ ॥ ਗੁਰ ਬਿਨੁ ਸੋਝੀ ਕਿਨੈ ਨ ਹੋਈ ॥ ਸਾਚਿ ਮਿਲੈ ਸੋ ਸਾਚੇ ਭਾਏ ਨਾ ਵੀਛੁੜਿ ਦੁਖੁ ਪਾਇਦਾ ॥੧੨॥ ਧੁਰਹੁ ਵਿਛੁੰਨੇ ਧਾਹੀ ਰੁੰਨੇ ॥ ਮਰਿ ਮਰਿ ਜਨਮਹਿ ਮੁਹਲਤਿ ਪੁੰਨੇ ॥ ਜਿਸੁ ਬਖਸੇ ਤਿਸੁ ਦੇ ਵਡਿਆਈ ਮੇਲਿ ਨ ਪਛੋਤਾਇਦਾ ॥੧੩॥ ਆਪੇ ਕਰਤਾ ਆਪੇ ਭੁਗਤਾ ॥ ਆਪੇ ਤ੍ਰਿਪਤਾ ਆਪੇ ਮੁਕਤਾ ॥ ਆਪੇ ਮੁਕਤਿ ਦਾਨੁ ਮੁਕਤੀਸਰੁ ਮਮਤਾ ਮੋਹੁ ਚੁਕਾਇਦਾ ॥੧੪॥ ਦਾਨਾ ਕੈ ਸਿਰਿ ਦਾਨੁ ਵੀਚਾਰਾ ॥ ਕਰਣ ਕਾਰਣ ਸਮਰਥੁ ਅਪਾਰਾ ॥ ਕਰਿ ਕਰਿ ਵੇਖੈ ਕੀਤਾ ਅਪਣਾ ਕਰਣੀ ਕਾਰ ਕਰਾਇਦਾ ॥੧੫॥ ਸੇ ਗੁਣ ਗਾਵਹਿ ਸਾਚੇ ਭਾਵਹਿ ॥ ਤੁਝ ਤੇ ਉਪਜਹਿ ਤੁਝ ਮਾਹਿ ਸਮਾਵਹਿ ॥ ਨਾਨਕੁ ਸਾਚੁ ਕਹੈ ਬੇਨੰਤੀ ਮਿਲਿ ਸਾਚੇ ਸੁਖੁ ਪਾਇਦਾ ॥੧੬॥੨॥੧੪॥ {ਪੰਨਾ ੧੦੩੪}

ਪਦ ਅਰਥ :—ਪਾਵਾ—ਪਾਵਾਂ, ਮੈਂ ਪਾ ਸਕਾਂ । ਭਾਵਾ—ਭਾਵਾਂ, ਮੈਂ ਚੰਗਾ ਲੱਗਾਂ । ਭਾਇ—ਪ੍ਰੇਮ ਨਾਲ । ਭਾਣੇ—(ਜੇਹੜੇ) ਚੰਗੇ ਲੱਗੇ । ਭਾਵਹਿ—(ਉਹਨਾਂ ਨੂੰ) ਚੰਗਾ ਲੱਗਦਾ ਹੈਂ । ਕਰਤੇ—ਹੇ ਕਰਤਾਰ! ਰਸਨ—ਜੀਭ । ਰਸਾਇਦਾ—ਰਸੀਲੀ ਬਣਾਂਦਾ ਹੈਂ ।੧।

ਮੁਕਤੁ—ਵਿਕਾਰਾਂ ਤੋਂ ਸੁਤੰਤਰ । ਹਰਿ—ਹੇ ਹਰੀ! ਆਪੁ—ਆਪਾ-ਭਾਵ । ਗਵਾਇ—ਗਵਾ ਕੇ । ਅਨਦਿਨੁ—ਹਰ ਰੋਜ਼ ।੨।

ਈਸਰੁ—ਸ਼ਿਵ । ਤਪੇ—ਤਪ ਕਰਨ ਵਾਲੇ ।੩।

ਭਾਣੈ—ਮਰਜ਼ੀ ਨਾਲ, ਰਜ਼ਾ ਵਿਚ । ਸਾਹ—ਸੁਆਸ । ਲਵਾਇਦਾ—ਲੈਣ ਦੇਂਦਾ ਹੈ ।੪।

ਨਿਹਚਉ—ਜ਼ਰੂਰ । ਆਪੁ—ਆਪਣੇ ਆਪ ਨੂੰ । ਗਣਾਏ—ਵੱਡਾ ਜਤਾਂਦਾ ਹੈ । ਨਾਵਹੁ—ਨਾਮ ਤੋਂ ।੫।

ਹੰਸਾ—ਜੀਵ । ਤਿਸੁ ਵਿਚਿ—ਉਸ (ਕਾਇਆ) ਵਿਚ । ਅੰਮ੍ਰਿਤੁ ਕਰਿ—ਨਾਮ ਅੰਮ੍ਰਿਤ ਦੀ ਬਰਕਤਿ ਨਾਲ । ਪੀਵੈ—ਪੀ ਲੈਂਦਾ ਹੈ, ਮੁਕਾ ਲੈਂਦਾ ਹੈ । ਬਾਹੁੜਿ—ਮੁੜ, ਫਿਰ ।੬।

ਸਾਦਹੁ—ਸੁਆਦ ਤੋਂ । ਭੋਗਹੁ—ਮਾਇਆ ਦੇ ਭੋਗਾਂ ਤੋਂ । ਵਿਗੋਵੈ—ਖ਼ੁਆਰ ਹੁੰਦਾ ਹੈ । ਹਰਖਹੁ—ਖ਼ੁਸ਼ੀ ਤੋਂ ।੭।

ਵਿਹੂਣੀ—ਸੱਖਣੀ । ਸਬਾਈ—ਸਾਰੀ ਲੁਕਾਈ । ਸਾਚਾ—ਸਦਾ-ਥਿਰ ਰਹਿਣ ਵਾਲਾ ਪ੍ਰਭੂ । ਜਾਤਾ—ਪਛਾਣ ਲਿਆ ।੮।

ਫੇਰਿ—ਮੁੜ, ਫਿਰ । ਮਿਤਿ—ਮਰਯਾਦਾ, ਮਾਪ, ਮਿਣਤੀ । ਭੇਦਿ—ਵਿੱਝ ਕੇ ।੯।

ਸਾਧਿਕ—ਸਾਧਨਾਂ ਕਰਨ ਵਾਲੇ । ਜਿਣਿ—ਜਿੱਤ ਕੇ । ਸਾਚੁ—ਸਦਾ-ਥਿਰ ਨਾਮ । ਦ੍ਰਿੜਾਇਦਾ—ਮਨ ਵਿਚ ਪੱਕਾ ਕਰਦਾ ਹੈ ।੧੦।

ਸਚਿਆਰਾ—ਸੱਚ ਦੇ ਵਣਜਾਰੇ । ਸਾਚੇ—ਸਦਾ-ਥਿਰ ਪ੍ਰਭੂ ਨੂੰ । ਤ੍ਰਿਭਵਣਿ—ਤਿੰਨ ਭਵਨਾਂ ਵਾਲੇ ਜਗਤ ਵਿਚ ।੧੧।

ਕਿਨੈ—ਕਿਸੇ ਨੂੰ ਭੀ । ਸਚਿ—ਸਦਾ-ਥਿਰ ਪ੍ਰਭੂ ਵਿਚ । ਵੀਛੁੜਿ—ਵਿਛੁੜ ਕੇ ।੧੨।

ਧੁਰਹੁ—ਮੁੱਢ ਤੋਂ ਹੀ । ਧਾਹੀ—ਢਾਹਾਂ ਮਾਰ ਕੇ । ਮੁਹਲਤਿ—ਜ਼ਿੰਦਗੀ ਦਾ ਸਮਾ । ਪੁੰਨੈ—ਪੁੱਗ ਜਾਣ ਤੇ ।੧੩।

ਭੁਗਤਾ—ਭੋਗਣ ਵਾਲਾ । ਤ੍ਰਿਪਤਾ—ਰੱਜਿਆ ਹੋਇਆ । ਮੁਕਤਾ—ਭੋਗਾਂ ਤੋਂ ਸੁਤੰਤਰ । ਮੁਕਤੀਸਰੁ—ਮੁਕਤੀ-ਈਸਰ, ਮੁਕਤੀ ਦਾ ਮਾਲਕ । ਚੁਕਾਇਦਾ—ਮੁਕਾ ਦੇਂਦਾ ਹੈ ।੧੪।

ਦਾਨਾ ਕੈ ਸਿਰਿ—ਸਭ ਦਾਨਾਂ ਦੇ ਸਿਰ ਤੇ, ਸਭ ਬਖ਼ਸ਼ਸ਼ਾਂ ਤੋਂ ਵਧੀਆ । ਕਰਣ ਕਾਰਣ—ਜਗਤ ਦਾ ਰਚਨ ਵਾਲਾ । ਵੇਖੈ—ਸੰਭਾਲ ਕਰਦਾ ਹੈ । ਕਰਣੀ—ਕਰਨ-ਜੋਗ ।੧੫।

ਸੇ—ਉਹ ਬੰਦੇ । ਤੇ—ਤੋਂ । ਮਿਲਿ—ਮਿਲ ਕੇ ।੧੬।

ਅਰਥ :—ਹੇ ਸਦਾ-ਥਿਰ ਪ੍ਰਭੂ! ਜੇ ਮੈਂ ਤੈਨੂੰ ਚੰਗਾ ਲੱਗਾਂ, ਤਾਂ ਹੀ ਤੇਰਾ ਦਰਸਨ ਕਰ ਸਕਦਾ ਹਾਂ, ਤੇ ਤੇਰੇ ਪ੍ਰੇਮ ਵਿਚ (ਜੁੜ ਕੇ) ਤੇਰੀ ਭਗਤੀ (ਕਰ ਸਕਦਾ ਹਾਂ, ਤੇ) ਤੇਰੇ ਗੁਣ ਗਾ ਸਕਦਾ ਹਾਂ । ਹੇ ਕਰਤਾਰ! ਜੇਹੜੇ ਬੰਦੇ ਤੈਨੂੰ ਪਿਆਰੇ ਲੱਗਦੇ ਹਨ ਤੂੰ ਉਹਨਾਂ ਨੂੰ ਪਿਆਰਾ ਲੱਗਦਾ ਹੈਂ । ਤੂੰ ਆਪ ਹੀ ਉਹਨਾਂ ਦੀ ਜੀਭ ਵਿਚ (ਆਪਣੇ ਨਾਮ ਦਾ) ਰਸ ਪੈਦਾ ਕਰਦਾ ਹੈਂ ।੧।

ਹੇ ਪ੍ਰਭੂ! ਤੇਰੇ ਭਗਤ ਤੇਰੇ ਦਰਬਾਰ ਵਿਚ ਸੋਹਣੇ ਲੱਗਦੇ ਹਨ । ਹੇ ਹਰੀ! ਤੇਰੇ ਦਾਸ (ਮਾਇਆ ਦੇ ਬੰਧਨਾਂ ਤੋਂ) ਸੁਤੰਤਰ ਹੋ ਜਾਂਦੇ ਹਨ । ਉਹ ਆਪਾ-ਭਾਵ ਮਿਟਾ ਕੇ ਤੇਰੇ ਨਾਮ-ਰੰਗ ਵਿਚ ਰੰਗੇ ਰਹਿੰਦੇ ਹਨ, ਤੇ ਹਰ ਰੋਜ਼ (ਭਾਵ, ਹਰ ਵੇਲੇ) ਤੇਰਾ ਨਾਮ ਸਿਮਰਦੇ ਹਨ ।੨।

ਸ਼ਿਵ, ਬ੍ਰਹਮਾ, ਅਨੇਕਾਂ ਦੇਵੀਆਂ ਤੇ ਦੇਵਤੇ, ਇੰਦਰ ਦੇਵਤਾ, ਤਪੀ ਲੋਕ, ਰਿਸ਼ੀ ਮੁਨੀ—ਇਹ ਸਭ ਤੇਰੀ ਹੀ ਸੇਵਾ-ਭਗਤੀ ਕਰਦੇ ਹਨ (ਭਾਵ, ਭਾਵੇਂ ਇਹ ਕਿਤਨੇ ਹੀ ਵੱਡੇ ਮਿਥੇ ਜਾਣ, ਪਰ ਤੇਰੇ ਸਾਹਮਣੇ ਇਹ ਤੇਰੇ ਸਾਧਾਰਨ ਸੇਵਕ ਹਨ) । ਅਨੇਕਾਂ ਜਤਧਾਰੀ, ਅਨੇਕਾਂ ਉੱਚ-ਆਚਰਨੀ, ਤੇ ਅਨੇਕਾਂ ਹੀ ਬਨਾਂ ਵਿਚ ਰਹਿਣ ਵਾਲੇ ਤਿਆਗੀ (ਤੇਰੇ ਗੁਣ ਗਾਂਦੇ ਹਨ, ਪਰ ਤੇਰੇ ਗੁਣਾਂ ਦਾ) ਕੋਈ ਭੀ ਅੰਤ ਨਹੀਂ ਲੱਭ ਸਕਦਾ ।੩।

ਜਦ ਤਕ ਪਰਮਾਤਮਾ ਆਪ ਸੂਝ ਨਾਹ ਬਖ਼ਸ਼ੇ ਕੋਈ ਜੀਵ (ਪਰਮਾਤਮਾ ਦੀ ਭਗਤੀ ਕਰਨ ਦੀ) ਸੂਝ ਪ੍ਰਾਪਤ ਨਹੀਂ ਕਰ ਸਕਦਾ । ਪਰਮਾਤਮਾ ਜੋ ਕੁਝ ਕਰਦਾ ਹੈ ਆਪਣੀ ਰਜ਼ਾ ਵਿਚ (ਆਪਣੀ ਮਰਜ਼ੀ ਨਾਲ) ਕਰਦਾ ਹੈ । ਪਰਮਾਤਮਾ ਨੇ ਚੁਰਾਸੀ ਲੱਖ ਜੂਨਾਂ ਦੇ ਜੀਵ ਪੈਦਾ ਕੀਤੇ ਹਨ, ਉਹ ਆਪਣੀ ਮਰਜ਼ੀ ਨਾਲ ਹੀ ਇਹਨਾਂ ਜੀਵਾਂ ਨੂੰ ਸਾਹ ਲੈਣ ਦੇਂਦਾ ਹੈ (ਇਹਨਾਂ ਨੂੰ ਜਿਵਾਲੀ ਰੱਖਦਾ ਹੈ) ।੪।

(ਜਗਤ ਵਿਚ) ਜ਼ਰੂਰ ਉਹੀ ਕੁਝ ਹੁੰਦਾ ਹੈ ਜੋ ਉਸ ਕਰਤਾਰ ਨੂੰ ਚੰਗਾ ਲਗਦਾ ਹੈ, ਆਪਣੇ ਮਨ ਦੇ ਪਿੱਛੇ ਤੁਰਨ ਵਾਲਾ ਮਨੁੱਖ (ਇਸ ਅਸਲੀਅਤ ਨੂੰ ਨਹੀਂ ਸਮਝਦਾ, ਉਹ) ਆਪਣੇ ਆਪ ਨੂੰ ਵੱਡਾ ਜਤਾਂਦਾ ਹੈ (ਤੇ ਹਉਮੈ ਵਿਚ ਹੀ) ਦੁਖੀ ਭੀ ਹੁੰਦਾ ਹੈ । ਪਰਮਾਤਮਾ ਦੇ ਨਾਮ ਤੋਂ ਖੁੰਝਾ ਹੋਇਆ (ਮਨਮੁਖ) ਕਿਤੇ ਆਤਮਕ ਸ਼ਾਂਤੀ ਦਾ ਟਿਕਾਣਾ ਨਹੀਂ ਲੱਭ ਸਕਦਾ, ਜੰਮਦਾ ਤੇ ਮਰਦਾ ਹੈ, ਜੰਮਦਾ ਤੇ ਮਰਦਾ ਹੈ, ਤੇ (ਇਸ ਗੇੜ ਵਿਚ ਹੀ) ਦੁੱਖ ਪਾਂਦਾ ਹੈ ।੫।

ਉਹ ਸਰੀਰ ਪਵਿੱਤ੍ਰ ਹੈ ਜਿਸ ਵਿਚ ਪਵਿੱਤ੍ਰ (ਜੀਵਨ ਵਾਲਾ) ਜੀਵਾਤਮਾ ਵੱਸਦਾ ਹੈ (ਕਿਉਂਕਿ) ਉਸ (ਸਰੀਰ) ਵਿਚ ਪਰਮਾਤਮਾ ਦਾ ਨਾਮ ਵੱਸਦਾ ਹੈ, (ਉਹ ਜੀਵਾਤਮਾ ਸਹੀ ਅਰਥਾਂ ਵਿਚ) ਮਾਇਆ-ਰਹਿਤ ਪ੍ਰਭੂ ਦਾ ਅੰਸ ਹੈ । ਪ੍ਰਭੂ ਦੇ ਨਾਮ-ਅੰਮ੍ਰਿਤ ਦੀ ਬਰਕਤਿ ਨਾਲ ਉਹ ਮਨੁੱਖ ਆਪਣੇ ਸਾਰੇ ਦੁੱਖ ਮੁਕਾ ਲੈਂਦਾ ਹੈ, ਤੇ ਮੁੜ ਉਹ ਕਦੇ ਦੁੱਖ ਨਹੀਂ ਪਾਂਦਾ ।੬।

ਬਹੁਤੇ (ਭੋਗਾਂ ਦੇ) ਸੁਆਦਾਂ ਤੋਂ ਦੁੱਖ ਹੀ ਮਿਲਦਾ ਹੈ (ਕਿਉਂਕਿ) ਭੋਗਾਂ ਤੋਂ (ਆਖ਼ਿਰ) ਰੋਗ ਪੈਦਾ ਹੁੰਦੇ ਹਨ ਤੇ ਮਨੁੱਖ ਅੰਤ ਨੂੰ ਖ਼ੁਆਰ ਹੁੰਦਾ ਹੈ । (ਮਾਇਆ ਦੀਆਂ) ਖ਼ੁਸ਼ੀਆਂ ਤੋਂ ਭੀ ਚਿੰਤਾ ਹੀ ਪੈਦਾ ਹੁੰਦੀ ਹੈ ਜੋ) ਕਦੇ ਮਿਟਦੀ ਹੀ ਨਹੀਂ । ਪਰਮਾਤਮਾ ਦੀ ਰਜ਼ਾ ਵਿਚ ਤੁਰਨ ਤੋਂ ਬਿਨਾ ਮਨੁੱਖ ਭਟਕਣਾ ਵਿਚ ਪਿਆ ਰਹਿੰਦਾ ਹੈ ।੭।

ਸਦਾ-ਥਿਰ ਰਹਿਣ ਵਾਲਾ ਪਰਮਾਤਮਾ ਸਾਰੀ ਸ੍ਰਿਸ਼ਟੀ ਵਿਚ ਗੁਪਤ ਵਿਆਪਕ ਹੈ, ਪਰ ਇਸ ਗੱਲ ਦੀ ਸਮਝ ਤੋਂ ਵਾਂਜੀ ਰਹਿ ਕੇ ਸਾਰੀ ਲੁਕਾਈ ਭਟਕ ਰਹੀ ਹੈ । ਜਿਸ ਮਨੁੱਖ ਨੇ ਗੁਰੂ ਦਾ ਸ਼ਬਦ, ਜੋ ਨਿਰਭੈਤਾ ਦੇਣ ਵਾਲਾ ਹੈ, ਆਪਣੇ ਹਿਰਦੇ ਵਿਚ ਵਸਾਇਆ ਹੈ ਉਸ ਨੇ ਸਦਾ-ਥਿਰ ਪ੍ਰਭੂ ਨੂੰ ਸਾਰੀ ਸ੍ਰਿਸ਼ਟੀ ਵਿਚ ਵੱਸਦਾ ਪਛਾਣ ਲਿਆ ਹੈ । ਗੁਰੂ ਦਾ ਸ਼ਬਦ ਉਸ ਦੀ ਸੁਰਤਿ ਨੂੰ ਪਰਮਾਤਮਾ ਦੀ ਜੋਤਿ ਵਿਚ ਮਿਲਾ ਦੇਂਦਾ ਹੈ ।੮।

ਮੁਰ (ਆਦਿਕ ਦੈਂਤਾਂ) ਦਾ ਵੈਰੀ ਪਰਮਾਤਮਾ ਸਦਾ ਕਾਇਮ ਰਹਿਣ ਵਾਲਾ ਹੈ, ਮਾਇਆ ਦੇ ਮੋਹ ਵਿਚ ਕਦੇ ਡੋਲਣ ਵਾਲਾ ਨਹੀਂ, ਉਸ ਦਾ ਸਰੂਪ ਕਦੇ ਤੋਲਿਆ ਮਿਣਿਆ ਨਹੀਂ ਜਾ ਸਕਦਾ । ਉਹ (ਆਪਣੇ ਰਚੇ ਹੋਏ ਜਗਤ ਨੂੰ) ਇਕ ਖਿਨ ਵਿਚ ਢਾਹ ਸਕਦਾ ਹੈ ਤੇ ਮੁੜ ਪੈਦਾ ਕਰ ਸਕਦਾ ਹੈ । ਉਸ ਦਾ ਕੋਈ ਖ਼ਾਸ ਰੂਪ ਨਹੀਂ ਦੱਸਿਆ ਜਾ ਸਕਦਾ ਹੈ, ਉਸ ਦੇ ਕੋਈ ਖ਼ਾਸ ਚਿਹਨ ਚੱਕ੍ਰ ਨਹੀਂ ਦੱਸੇ ਜਾ ਸਕਦੇ, ਉਹ ਕੇਡਾ ਵੱਡਾ ਹੈ ਤੇ ਕਿਹੋ ਜੇਹਾ ਹੈ—ਇਹ ਭੀ ਨਹੀਂ ਦੱਸਿਆ ਜਾ ਸਕਦਾ । ਜੇਹੜਾ ਮਨੁੱਖ (ਆਪਣੇ ਮਨ ਨੂੰ ਗੁਰੂ ਦੇ) ਸ਼ਬਦ ਵਿਚ ਵਿੰਨ੍ਹ ਲੈਂਦਾ ਹੈ ਉਹ ਉਸ ਪਰਮਾਤਮਾ (ਦੀ ਯਾਦ) ਵਿਚ ਪਤੀਜ ਜਾਂਦਾ ਹੈ ।੯।

ਮੈਂ ਪਿਆਰੇ ਪ੍ਰਭੂ ਦੇ ਉਹਨਾਂ ਦਾਸਾਂ ਦਾ ਦਾਸ ਹਾਂ ਜੋ ਉਸ ਨੂੰ ਮਿਲਣ ਲਈ ਜਤਨ ਕਰਦੇ ਰਹਿੰਦੇ ਹਨ ਜੋ ਉਸ ਸਦਾ-ਥਿਰ ਪਰਮਾਤਮਾ ਦੇ ਗੁਣਾਂ ਦੀ ਵਿਚਾਰ ਕਰਦੇ ਹਨ । ਜੇਹੜਾ ਮਨੁੱਖ ਪਰਮਾਤਮਾ ਦਾ ਨਾਮ ਜਪਣਾ ਮੰਨ ਲੈਂਦਾ ਹੈ (ਭਾਵ, ਨਾਮ ਜਪਣ ਨੂੰ ਜੀਵਨ-ਮਨੋਰਥ ਨਿਸ਼ਚੇ ਕਰ ਲੈਂਦਾ ਹੈ) ਉਹ (ਜਗਤ ਵਿਚੋਂ ਜੀਵਨ-ਬਾਜ਼ੀ) ਜਿੱਤ ਕੇ ਜਾਂਦਾ ਹੈ । (ਪਰ ਇਹ ਖੇਡ ਜੀਵਾਂ ਦੇ ਆਪਣੇ ਵੱਸ ਦੀ ਨਹੀਂ) ਪਰਮਾਤਮਾ ਆਪ ਹੀ ਆਪਣਾ ਸਦਾ-ਥਿਰ ਨਾਮ ਜੀਵਾਂ ਦੇ ਹਿਰਦੇ ਵਿਚ ਦ੍ਰਿੜ੍ਹ ਕਰਾਂਦਾ ਹੈ ।੧੦।

ਜਿਨ੍ਹਾਂ ਮਨੁੱਖਾਂ ਦੇ ਪਾਸ ਥਿਰ ਰਹਿਣ ਵਾਲਾ ਨਾਮ ਹੈ, ਉਹ ਉਸ ਸਦਾ-ਥਿਰ ਪ੍ਰਭੂ ਦਾ ਰੂਪ ਹੋ ਜਾਂਦੇ ਹਨ, ਉਹ ਸਦਾ-ਥਿਰ ਨਾਮ ਦੇ ਵਣਜਾਰੇ ਹਨ । ਜਿਸ ਮਨੁੱਖ ਨੂੰ ਪ੍ਰਭੂ ਦੀ ਸਿਫ਼ਤਿ-ਸਾਲਾਹ ਦਾ ਸ਼ਬਦ ਪਿਆਰਾ ਲੱਗਦਾ ਹੈ ਉਹ ਸਦਾ-ਥਿਰ ਪ੍ਰਭੂ ਨੂੰ ਚੰਗਾ ਲੱਗਦਾ ਹੈ । ਉਹ ਸਦਾ-ਥਿਰ ਪ੍ਰਭੂ ਸਾਰੀ ਸ੍ਰਿਸ਼ਟੀ ਵਿਚ (ਵਿਆਪਕ ਹੈ), ਉਸ ਨੇ ਆਪਣੀ ਸੱਤਿਆ ਦੇ ਕੇ ਸ੍ਰਿਸ਼ਟੀ ਰਚੀ ਹੈ । (ਸਦਾ-ਥਿਰ ਨਾਮ ਦਾ ਵਣਜ ਕਰਨ ਵਾਲਾ ਮਨੁੱਖ) ਉਸ ਸਦਾ-ਥਿਰ ਪ੍ਰਭੂ ਦੀ ਯਾਦ ਵਿਚ ਹੀ ਖ਼ੁਸ਼ ਰਹਿੰਦਾ ਹੈ ।੧੧।

(ਉਂਵ ਤਾਂ) ਹਰੇਕ ਜੀਵ ਆਖਦਾ ਹੈ ਕਿ ਪਰਮਾਤਮਾ ਸਭ ਤੋਂ ਵੱਡਾ ਹੈ ਸਭ ਤੋਂ ਵੱਡਾ ਹੈ ਪਰ ਸਤਿਗੁਰੂ ਦੀ ਸਰਨ ਪੈਣ ਤੋਂ ਬਿਨਾ ਕਿਸੇ ਨੂੰ ਸਹੀ ਸਮਝ ਨਹੀਂ ਪੈਂਦੀ । ਜੇਹੜਾ ਮਨੁੱਖ (ਗੁਰੂ ਦੀ ਰਾਹੀਂ) ਸਦਾ-ਥਿਰ ਪ੍ਰਭੂ ਵਿਚ ਜੁੜਦਾ ਹੈ ਉਹ ਉਸ ਸਦਾ-ਥਿਰ ਪ੍ਰਭੂ ਨੂੰ ਪਿਆਰਾ ਲੱਗਦਾ ਹੈ । ਉਹ (ਉਸ ਦੇ ਚਰਨਾਂ ਤੋਂ ਵਿਛੁੜਦਾ ਨਹੀਂ) ਵਿਛੁੜ ਕੇ ਦੁੱਖ ਨਹੀਂ ਪਾਂਦਾ ਹੈ ।੧੨।

ਪਰ ਜੇਹੜੇ ਬੰਦੇ ਮੁੱਢ ਤੋਂ ਹੀ ਪ੍ਰਭੂ ਤੋਂ ਵਿੱਛੁੜੇ ਚਲੇ ਆ ਰਹੇ ਹਨ ਉਹ ਢਾਹਾਂ ਮਾਰ ਮਾਰ ਕੇ ਰੋਂਦੇ ਆ ਰਹੇ ਹਨ । ਜਦੋਂ ਜਦੋਂ ਜ਼ਿੰਦਗੀ ਦਾ ਸਮਾ ਮੁੱਕ ਜਾਂਦਾ ਹੈ ਉਹ ਮਰਦੇ ਹਨ ਜੰਮਦੇ ਹਨ, ਮਰਦੇ ਹਨ ਜੰਮਦੇ ਹਨ (ਇਸੇ ਗੇੜ ਵਿਚ ਪਏ ਰਹਿੰਦੇ ਹਨ) । ਜਿਸ ਮਨੁੱਖ ਉੱਤੇ ਪ੍ਰਭੂ ਮੇਹਰ ਕਰਦਾ ਹੈ ਉਸ ਨੂੰ (ਆਪਣਾ ਨਾਮ ਬਖ਼ਸ਼ ਕੇ) ਵਡਿਆਈ ਦੇਂਦਾ ਹੈ, ਉਸ ਨੂੰ ਆਪਣੇ ਚਰਨਾਂ ਵਿਚ ਮੇਲ ਲੈਂਦਾ ਹੈ, ਉਹ ਮਨੁੱਖ (ਮੁੜ ਕਦੇ ਨਾਹ ਵਿਛੁੜਦਾ ਹੈ) ਨਾਹ ਪਛੁਤਾਂਦਾ ਹੈ ।੧੩।

ਪ੍ਰਭੂ ਆਪ ਹੀ ਸਾਰੇ ਜਗਤ ਦਾ ਪੈਦਾ ਕਰਨ ਵਾਲਾ ਹੈ, (ਸਭ ਜੀਵਾਂ ਵਿਚ ਵਿਆਪਕ ਹੋ ਕੇ) ਆਪ ਹੀ ਸਾਰੇ ਪਦਾਰਥਾਂ ਨੂੰ ਭੋਗਣ ਵਾਲਾ ਹੈ, ਫਿਰ ਆਪ ਹੀ ਇਹਨਾਂ ਭੋਗਾਂ ਤੋਂ ਰੱਜ ਜਾਣ ਵਾਲਾ ਹੈ ਤੇ ਆਪ ਹੀ ਪਦਾਰਥਾਂ ਦੇ ਮੋਹ ਤੋਂ ਸੁਤੰਤਰ ਹੋ ਜਾਣ ਵਾਲਾ ਹੈ । ਪ੍ਰਭੂ ਆਪ ਹੀ ਮੁਕਤੀ ਦਾ ਮਾਲਕ ਹੈ, ਆਪ ਹੀ ਵਿਕਾਰਾਂ ਤੋਂ ਖ਼ਲਾਸੀ ਦੀ ਦਾਤਿ ਦੇਂਦਾ ਹੈ, ਆਪ ਹੀ ਜੀਵਾਂ ਦੇ ਅੰਦਰੋਂ ਮਾਇਆ ਦੀ ਮਮਤਾ ਤੇ ਮਾਇਆ ਦਾ ਮੋਹ ਦੂਰ ਕਰਦਾ ਹੈ ।੧੪।

ਪਰਮਾਤਮਾ ਇਸ ਜਗਤ ਦਾ ਰਚਣ ਵਾਲਾ ਹੈ, ਸਾਰੀਆਂ ਤਾਕਤਾਂ ਦਾ ਮਾਲਕ ਹੈ ਤੇ ਬੇਅੰਤ ਹੈ, ਉਹ ਜੀਵਾਂ ਨੂੰ ਆਪਣੇ ਗੁਣਾਂ ਦੀ ਵਿਚਾਰ ਬਖ਼ਸ਼ਦਾ ਹੈ ਤੇ ਉਸ ਦੀ ਇਹ ਦਾਤਿ ਉਸ ਦੀਆਂ ਹੋਰ ਸਭ ਦਾਤਾਂ ਤੋਂ ਸ੍ਰੇਸ਼ਟ ਹੈ । ਸਾਰੀ ਸ੍ਰਿਸ਼ਟੀ ਪੈਦਾ ਕਰ ਕੇ ਉਹ ਆਪ ਹੀ ਇਸ ਦੀ ਸੰਭਾਲ ਕਰਦਾ ਹੈ, ਤੇ ਜੀਵਾਂ ਪਾਸੋਂ ਉਹ ਕਾਰ ਕਰਾਂਦਾ ਹੈ ਜੋ ਕਰਨ-ਜੋਗ ਹੋਵੇ ।੧੫।

ਜੇਹੜੇ ਜੀਵ ਸਦਾ-ਥਿਰ ਪ੍ਰਭੂ ਨੂੰ ਪਿਆਰੇ ਲੱਗਦੇ ਹਨ ਉਹ ਉਸ ਦੇ ਗੁਣ ਗਾਂਦੇ ਹਨ । ਹੇ ਪ੍ਰਭੂ! ਸਾਰੇ ਜੀਅ ਜੰਤ ਤੈਥੋਂ ਪੈਦਾ ਹੁੰਦੇ ਹਨ ਤੇ ਤੇਰੇ ਵਿਚ ਹੀ ਲੀਨ ਹੋ ਜਾਂਦੇ ਹਨ । ਹੇ ਨਾਨਕ! ਜੇਹੜਾ ਮਨੁੱਖ ਸਦਾ-ਥਿਰ ਪ੍ਰਭੂ ਨੂੰ ਸਿਮਰਦਾ ਹੈ (ਉਸ ਦੇ ਦਰ ਤੇ) ਬੇਨਤੀਆਂ ਕਰਦਾ ਹੈ, ਉਹ ਉਸ ਸਦਾ-ਥਿਰ ਪਰਮਾਤਮਾ ਨੂੰ ਮਿਲ ਕੇ ਆਤਮਕ ਅਨੰਦ ਮਾਣਦਾ ਹੈ ।੧੬।੨।੧੪।

ਮਾਰੂ ਮਹਲਾ ੧ ॥ ਅਰਬਦ ਨਰਬਦ ਧੁੰਧੂਕਾਰਾ ॥ ਧਰਣਿ ਨ ਗਗਨਾ ਹੁਕਮੁ ਅਪਾਰਾ ॥ ਨਾ ਦਿਨੁ ਰੈਨਿ ਨ ਚੰਦੁ ਨ ਸੂਰਜੁ ਸੁੰਨ ਸਮਾਧਿ ਲਗਾਇਦਾ ॥੧॥ ਖਾਣੀ ਨ ਬਾਣੀ ਪਉਣ ਨ ਪਾਣੀ ॥ ਓਪਤਿ ਖਪਤਿ ਨ ਆਵਣ ਜਾਣੀ ॥ ਖੰਡ ਪਤਾਲ ਸਪਤ ਨਹੀ ਸਾਗਰ ਨਦੀ ਨ ਨੀਰੁ ਵਹਾਇਦਾ ॥੨॥ ਨਾ ਤਦਿ ਸੁਰਗੁ ਮਛੁ ਪਇਆਲਾ ॥ ਦੋਜਕੁ ਭਿਸਤੁ ਨਹੀ ਖੈ ਕਾਲਾ ॥ ਨਰਕੁ ਸੁਰਗੁ ਨਹੀ ਜੰਮਣੁ ਮਰਣਾ ਨਾ ਕੋ ਆਇ ਨ ਜਾਇਦਾ ॥੩॥ ਬ੍ਰਹਮਾ ਬਿਸਨੁ ਮਹੇਸੁ ਨ ਕੋਈ ॥ ਅਵਰੁ ਨ ਦੀਸੈ ਏਕੋ ਸੋਈ ॥ ਨਾਰਿ ਪੁਰਖੁ ਨਹੀ ਜਾਤਿ ਨ ਜਨਮਾ ਨਾ ਕੋ ਦੁਖੁ ਸੁਖੁ ਪਾਇਦਾ ॥੪॥ ਨਾ ਤਦਿ ਜਤੀ ਸਤੀ ਬਨਵਾਸੀ ॥ ਨਾ ਤਦਿ ਸਿਧ ਸਾਧਿਕ ਸੁਖਵਾਸੀ ॥ ਜੋਗੀ ਜੰਗਮ ਭੇਖੁ ਨ ਕੋਈ ਨਾ ਕੋ ਨਾਥੁ ਕਹਾਇਦਾ ॥੫॥ ਜਪ ਤਪ ਸੰਜਮ ਨਾ ਬ੍ਰਤ ਪੂਜਾ ॥ ਨਾ ਕੋ ਆਖਿ ਵਖਾਣੈ ਦੂਜਾ ॥ ਆਪੇ ਆਪਿ ਉਪਾਇ ਵਿਗਸੈ ਆਪੇ ਕੀਮਤਿ ਪਾਇਦਾ ॥੬॥ ਨਾ ਸੁਚਿ ਸੰਜਮੁ ਤੁਲਸੀ ਮਾਲਾ ॥ ਗੋਪੀ ਕਾਨੁ ਨ ਗਊ ਗੁੋਆਲਾ ॥ ਤੰਤੁ ਮੰਤੁ ਪਾਖੰਡੁ ਨ ਕੋਈ ਨਾ ਕੋ ਵੰਸੁ ਵਜਾਇਦਾ ॥੭॥ ਕਰਮ ਧਰਮ ਨਹੀ ਮਾਇਆ ਮਾਖੀ ॥ ਜਾਤਿ ਜਨਮੁ ਨਹੀ ਦੀਸੈ ਆਖੀ ॥ ਮਮਤਾ ਜਾਲੁ ਕਾਲੁ ਨਹੀ ਮਾਥੈ ਨਾ ਕੋ ਕਿਸੈ ਧਿਆਇਦਾ ॥੮॥ ਨਿੰਦੁ ਬਿੰਦੁ ਨਹੀ ਜੀਉ ਨ ਜਿੰਦੋ ॥ ਨਾ ਤਦਿ ਗੋਰਖੁ ਨਾ ਮਾਛਿੰਦੋ ॥ ਨਾ ਤਦਿ ਗਿਆਨੁ ਧਿਆਨੁ ਕੁਲ ਓਪਤਿ ਨਾ ਕੋ ਗਣਤ ਗਣਾਇਦਾ ॥੯॥ ਵਰਨ ਭੇਖ ਨਹੀ ਬ੍ਰਹਮਣ ਖਤ੍ਰੀ ॥ ਦੇਉ ਨ ਦੇਹੁਰਾ ਗਊ ਗਾਇਤ੍ਰੀ ॥ ਹੋਮ ਜਗ ਨਹੀ ਤੀਰਥਿ ਨਾਵਣੁ ਨਾ ਕੋ ਪੂਜਾ ਲਾਇਦਾ ॥੧੦॥ ਨਾ ਕੋ ਮੁਲਾ ਨਾ ਕੋ ਕਾਜੀ ॥ ਨਾ ਕੋ ਸੇਖੁ ਮਸਾਇਕੁ ਹਾਜੀ ॥ ਰਈਅਤਿ ਰਾਉ ਨ ਹਉਮੈ ਦੁਨੀਆ ਨਾ ਕੋ ਕਹਣੁ ਕਹਾਇਦਾ ॥੧੧॥ ਭਾਉ ਨ ਭਗਤੀ ਨਾ ਸਿਵ ਸਕਤੀ ॥ ਸਾਜਨੁ ਮੀਤੁ ਬਿੰਦੁ ਨਹੀ ਰਕਤੀ ॥ ਆਪੇ ਸਾਹੁ ਆਪੇ ਵਣਜਾਰਾ ਸਾਚੇ ਏਹੋ ਭਾਇਦਾ ॥੧੨॥ ਬੇਦ ਕਤੇਬ ਨ ਸਿੰਮ੍ਰਿਤਿ ਸਾਸਤ ॥ ਪਾਠ ਪੁਰਾਣ ਉਦੈ ਨਹੀ ਆਸਤ ॥ ਕਹਤਾ ਬਕਤਾ ਆਪਿ ਅਗੋਚਰੁ ਆਪੇ ਅਲਖੁ ਲਖਾਇਦਾ ॥੧੩॥ ਜਾ ਤਿਸੁ ਭਾਣਾ ਤਾ ਜਗਤੁ ਉਪਾਇਆ ॥ ਬਾਝੁ ਕਲਾ ਆਡਾਣੁ ਰਹਾਇਆ ॥ ਬ੍ਰਹਮਾ ਬਿਸਨੁ ਮਹੇਸੁ ਉਪਾਏ ਮਾਇਆ ਮੋਹੁ ਵਧਾਇਦਾ ॥੧੪॥ ਵਿਰਲੇ ਕਉ ਗੁਰਿ ਸਬਦੁ ਸੁਣਾਇਆ ॥ ਕਰਿ ਕਰਿ ਦੇਖੈ ਹੁਕਮੁ ਸਬਾਇਆ ॥ ਖੰਡ ਬ੍ਰਹਮੰਡ ਪਾਤਾਲ ਅਰੰਭੇ ਗੁਪਤਹੁ ਪਰਗਟੀ ਆਇਦਾ ॥੧੫॥ ਤਾ ਕਾ ਅੰਤੁ ਨ ਜਾਣੈ ਕੋਈ ॥ ਪੂਰੇ ਗੁਰ ਤੇ ਸੋਝੀ ਹੋਈ ॥ ਨਾਨਕ ਸਾਚਿ ਰਤੇ ਬਿਸਮਾਦੀ ਬਿਸਮ ਭਏ ਗੁਣ ਗਾਇਦਾ ॥੧੬॥੩॥੧੫॥ {ਪੰਨਾ ੧੦੩੫-੧੦੩੬}

ਪਦ ਅਰਥ :—ਅਰਬਦ—{ਅਬੁ੍ਲਦ} ਦਸ ਕਰੋੜ (ਸਾਲ) । ਨਰਬਦ—ਨ ਅਰਬਦ, ਜਿਸ ਵਾਸਤੇ ਲਫ਼ਜ਼ 'ਅਰਬਦ' ਭੀ ਨਾਹ ਵਰਤਿਆ ਜਾ ਸਕੇ, ਗਿਣਤੀ ਤੋਂ ਪਰੇ । ਧੁੰਧੂਕਾਰਾ—ਘੁੱਪ ਹਨੇਰਾ {ਨੋਟ :—ਘੁੱਪ ਹਨੇਰੇ ਵਿਚ ਪਤਾ ਨਹੀਂ ਲੱਗ ਸਕਦਾ ਕਿ ਇਥੇ ਕੀਹ ਕੁਝ ਪਿਆ ਹੈ} ਉਹ ਹਾਲਤ ਜਿਸ ਦੀ ਬਾਬਤ ਕੋਈ ਭੀ ਮਨੁੱਖ ਕੁਝ ਨਹੀਂ ਦੱਸ ਸਕਦਾ । ਧਰਣਿ—ਧਰਤੀ । ਗਗਨਾ—ਆਕਾਸ਼ । ਰੈਨਿ—ਰਾਤ । ਸੁੰਨ—ਸੁੰਞ । ਸੁੰਨ ਸਮਾਧਿ—ਉਹ ਸਮਾਧੀ ਜਿਸ ਵਿਚ ਪ੍ਰਭੂ ਦੇ ਆਪਣੇ ਆਪੇ ਤੋਂ ਬਿਨਾ ਹੋਰ ਕੁਝ ਭੀ ਨਹੀਂ ਸੀ ।੧।

ਖਾਣੀ—ਜਗਤ-ਉਤਪੱਤੀ ਦੇ ਚਾਰ ਵਸੀਲੇ : ਅੰਡਜ, ਉਤਭੁਜ, ਜੇਰਜ, ਸੇਤਜ । ਬਾਣੀ—ਜੀਵਾਂ ਦੀਆਂ ਚਾਰ ਬਾਣੀਆਂ । ਓਪਤਿ—ਉਤਪੱਤੀ । ਖਪਤਿ—ਨਾਸ, ਪਰਲੌ । ਸਪਤ—ਸੱਤ । ਸਾਗਰ—ਸਮੁੰਦਰ ।੨।

ਤਦਿ—ਤਦੋਂ । ਮਛੁ—ਮਾਤ ਲੋਕ । ਪਇਆਲਾ—ਪਤਾਲ । ਖੈ—ਨਾਸ ਕਰਨ ਵਾਲਾ । ਕਾਲਾ—ਕਾਲ ।੩।

ਮਹੇਸੁ—ਸ਼ਿਵ । ਕੋ—ਕੋਈ ਜੀਵ ।੪।

ਸਤੀ—ਉੱਚਾ ਆਚਰਨ ਬਣਾਣ ਦਾ ਜਤਨ ਕਰਨ ਵਾਲਾ । ਜਤੀ—ਜਤ ਧਾਰਨ ਵਾਲਾ, ਬਿੰਦ ਸਾਂਭ ਕੇ ਰੱਖਣ ਦਾ ਜਤਨ ਕਰਨ ਵਾਲਾ । ਬਨਵਾਸੀ—ਜੰਗਲ ਵਿਚ ਰਹਿਣ ਵਾਲਾ ਤਿਆਗੀ । ਸਿਧ—ਜੋਗ-ਸਾਧਨਾਂ ਵਿਚ ਪੁੱਗਾ ਹੋਇਆ ਜੋਗੀ । ਸਾਧਿਕ—ਸਾਧਨ ਕਰਨ ਵਾਲਾ । ਸੁਖ ਵਾਸੀ—ਸੁਖਾਂ ਵਿਚ ਰਹਿਣ ਵਾਲਾ, ਗ੍ਰਿਹਸਤੀ । ਜੰਗਮ—ਸ਼ਿਵ-ਉਪਾਸਕ ਜੋਗੀਆਂ ਦਾ ਇਕ ਭੇਖ । ਨਾਥੁ—ਜੋਗੀਆਂ ਦਾ ਗੁਰੂ ।੫।

ਸੰਜਮ—ਇੰਦ੍ਰਿਆਂ ਨੂੰ ਵੱਸ ਵਿਚ ਰੱਖਣ ਦੇ ਸਾਧਨ । ਬ੍ਰਤ—ਵਰਤ, ਨਿਰਾਹਾਰ ਰਹਿਣਾ । ਆਖਿ—ਆਖ ਕੇ । ਆਪਿ—ਆਪ ਵਿਚ । ਵਿਗਸੈ—ਖ਼ੁਸ਼ ਹੁੰਦਾ ਹੈ ।੬।

ਸੁਚਿ—ਸਰੀਰ ਨੂੰ ਪਵਿੱਤ੍ਰ ਰੱਖਣ ਦਾ ਸਾਧਨ । ਗੋਪੀ—ਗਵਾਲਣ । ਕਾਨੁ—ਕ੍ਰਿਸ਼ਨ । ਗੁੋਆਲਾ—ਗਾਂਈਆਂ ਦਾ ਰਾਖਾ, ਗੋਪਾਲਾ {ਨੋਟ :—ਅੱਖਰ 'ਗ' ਦੇ ਨਾਲ ਦੋ ਲਗਾਂ ਹਨ—ੋ ਅਤੇ ੁ । ਅਸਲ ਲਫ਼ਜ਼ 'ਗੋਆਲਾ' ਹੈ, ਇਥੇ 'ਗੁਆਲਾ' ਪੜ੍ਹਨਾ ਹੈ} । ਵੰਸੁ—ਬੰਸਰੀ ।੭।

ਮਾਖੀ—ਮਾਖਿਓ, ਸ਼ਹਿਦ, ਮਿੱਠੀ । ਆਖੀ—ਅੱਖਾਂ ਨਾਲ । ਮਮਤਾ—ਅਪਣੱਤ, ਇਹ ਖ਼ਿਆਲ ਕਿ ਇਹ ਚੀਜ਼ 'ਮੇਰੀ' ਹੈ ।੮।

ਬਿੰਦੁ—ਉਸਤਤਿ, ਵਡਿਆਈ, ਖ਼ੁਸ਼ਾਮਦ । ਮਾਛਿੰਦੋ—ਮਾਛਿੰਦ੍ਰ ਨਾਥ । ਕੁਲ ਓਪਤਿ—ਕੁਲਾਂ ਦੀ ਉਤਪੱਤੀ । ਗਣਤ—ਲੇਖਾ, ਮਾਣ ।੯।

ਦੇਉ—ਦੇਵਤਾ ।੧੦।

ਮਸਾਇਕੁ—ਸ਼ੇਖ । ਰਾਉ—ਰਾਜਾ । ਰਈਅਤਿ—ਪਰਜਾ ।੧੧।

ਸਿਵ—ਸ਼ਿਵ, ਚੇਤੰਨ । ਸਕਤੀ—ਜੜ੍ਹ ਪਦਾਰਥ । ਬਿੰਦੁ—ਵੀਰਜ । ਰਕਤੀ—ਰੱਤ, ਲਹੂ ।੧੨।

ਕਤੇਬ—ਸ਼ਾਮੀ ਮਜ਼ਹਬਾਂ ਦੀਆਂ ਕਿਤਾਬਾਂ (ਕੁਰਾਨ, ਅੰਜੀਲ, ਤੌਰੇਤ, ਜ਼ੰਬੂਰ) । ਉਦੈ—ਸੂਰਜ ਦਾ ਚੜ੍ਹਨਾ । ਆਸਤ—ਸੂਰਤ ਦਾ ਡੁੱਬਣਾ, ਅਸਤ ।

ਅਗੋਚਰੁ—ਅ-ਗੋ-ਚਰ, ਜਿਸ ਤਕ ਗਿਆਨ-ਇੰਦ੍ਰਿਆਂ ਦੀ ਪਹੁੰਚ ਨ ਹੋ ਸਕੇ {ਗੋ-ਇੰਦ੍ਰੇ । ਚਰ—ਪਹੁੰਚ} ।੧੩।

ਤਿਸੁ ਭਾਣਾ—ਉਸ ਪ੍ਰਭੂ ਨੂੰ ਚੰਗਾ ਲੱਗਾ । ਆਡਾਣੁ—ਪਸਾਰਾ । ਰਹਾਇਆ—ਟਿਕਾਇਆ ।੧੪।

ਗੁਰਿ—ਗੁਰੂ ਨੇ । ਦੇਖੈ—ਸੰਭਾਲ ਕਰਦਾ ਹੈ । ਅਰੰਭੇ—ਬਣਾਏ । ਗੁਪਤਹੁ—ਗੁਪਤ ਹਾਲਤ ਤੋਂ ।੧੫।

ਤੇ—ਤੋਂ । ਸਾਚਿ—ਸਦਾ-ਥਿਰ ਪ੍ਰਭੂ ਵਿਚ । ਬਿਸਮਾਦੀ—ਹੈਰਾਨ । ਬਿਸਮ—ਹੈਰਾਨ ।੧੬।

ਅਰਥ :—(ਜਗਤ ਦੀ ਰਚਨਾ ਤੋਂ ਪਹਿਲਾਂ ਬੇਅੰਤ ਸਮਾ ਜਿਸ ਦੀ ਗਿਣਤੀ ਦੇ ਵਾਸਤੇ) ਅਰਬਦ ਨਰਬਦ (ਲਫ਼ਜ਼ ਭੀ ਨਹੀਂ ਵਰਤੇ ਜਾ ਸਕਦੇ, ਐਸੀ) ਘੁੱਪ ਹਨੇਰੇ ਦੀ ਹਾਲਤ ਸੀ (ਭਾਵ, ਅਜੇਹੀ ਹਾਲਤ ਸੀ ਜਿਸ ਦੀ ਬਾਬਤ ਕੁਝ ਭੀ ਦੱਸਿਆ ਨਹੀਂ ਜਾ ਸਕਦਾ । ਤਦੋਂ ਨਾਹ ਧਰਤੀ ਸੀ ਨਾਹ ਆਕਾਸ਼ ਸੀ ਅਤੇ ਨਾਹ ਹੀ ਕਿਤੇ ਬੇਅੰਤ ਪ੍ਰਭੂ ਦਾ ਹੁਕਮ ਚੱਲ ਰਿਹਾ ਸੀ । ਤਦੋਂ ਨਾਹ ਦਿਨ ਸੀ ਨਾਹ ਰਾਤ ਸੀ, ਨਾਹ ਚੰਦ ਸੀ ਨਾਹ ਸੂਰਜ ਸੀ । ਤਦੋਂ ਪਰਮਾਤਮਾ ਆਪਣੇ ਆਪ ਵਿਚ ਹੀ (ਮਾਨੋ ਐਸੀ) ਸਮਾਧੀ ਲਾਈ ਬੈਠਾ ਸੀ ਜਿਸ ਵਿਚ ਕੋਈ ਕਿਸੇ ਕਿਸਮ ਦਾ ਫੁਰਨਾ ਨਹੀਂ ਸੀ ।੧।

ਤਦੋਂ ਨਾਹ ਜਗਤ-ਰਚਨਾ ਦੀਆਂ ਚਾਰ ਖਾਣੀਆਂ ਸਨ ਨਾਹ ਜੀਵਾਂ ਦੀਆਂ ਬਾਣੀਆਂ ਸਨ । ਤਦੋਂ ਨਾਹ ਹਵਾ ਸੀ ਨਾਹ ਪਾਣੀ ਸੀ, ਨਾਹ ਉਤਪੱਤੀ ਸੀ ਨਾਹ ਪਰਲੌ ਸੀ, ਨਾਹ ਜੰਮਣ ਸੀ ਨਾਹ ਮਰਨ ਸੀ । ਤਦੋਂ ਨਾਹ ਧਰਤੀ ਦੇ ਨੌ ਖੰਡ ਸਨ ਨਾਹ ਪਾਤਾਲ ਸੀ, ਨਾਹ ਸਤ ਸਮੁੰਦਰ ਸਨ ਤੇ ਨਾਹ ਹੀ ਨਦੀਆਂ ਵਿਚ ਪਾਣੀ ਵਹਿ ਰਿਹਾ ਸੀ ।੨।

ਤਦੋਂ ਨਾਹ ਸੁਰਗ-ਲੋਕ ਸੀ, ਨਾਹ ਮਾਤ-ਲੋਕ ਸੀ ਤੇ ਨਾਹ ਹੀ ਪਤਾਲ ਸੀ । ਤਦੋਂ ਨਾਹ ਕੋਈ ਦੋਜ਼ਖ਼ ਸੀ ਨਾਹ ਬਹਿਸ਼ਤ ਸੀ, ਤੇ ਨਾਹ ਹੀ ਮੌਤ ਲਿਆਉਣ ਵਾਲਾ ਕਾਲ ਸੀ । ਤਦੋਂ ਨਾਹ ਸੁਰਗ ਸੀ ਨਾਹ ਨਰਕ ਸੀ, ਨਾਹ ਜੰਮਣ ਸੀ ਨਾਹ ਮਰਨ ਸੀ, ਨਾਹ ਕੋਈ ਜੰਮਦਾ ਸੀ ਨਾਹ ਮਰਦਾ ਸੀ ।੩।

ਤਦੋਂ ਨਾਹ ਕੋਈ ਬ੍ਰਹਮਾ ਸੀ ਨਾਹ ਵਿਸ਼ਨੂੰ ਸੀ ਤੇ ਨਾਹ ਹੀ ਸ਼ਿਵ ਸੀ । ਤਦੋਂ ਇਕ ਪਰਮਾਤਮਾ ਹੀ ਪਰਮਾਤਮਾ ਸੀ, ਹੋਰ ਕੋਈ ਵਿਅਕਤੀ ਨਹੀਂ ਸੀ ਦਿੱਸਦਾ । ਤਦੋਂ ਨਾਹ ਕੋਈ ਇਸਤ੍ਰੀ ਸੀ ਨਾਹ ਕੋਈ ਮਰਦ ਸੀ ਤਦੋਂ ਨਾਹ ਕੋਈ ਜਾਤਿ ਸੀ ਨਾਹ ਕਿਸੇ ਜਾਤਿ ਵਿਚ ਕੋਈ ਜਨਮ ਹੀ ਲੈਂਦਾ ਸੀ । ਨਾਹ ਕੋਈ ਦੁੱਖ ਭੋਗਣ ਵਾਲਾ ਜੀਵ ਹੀ ਸੀ ।੪।

ਤਦੋਂ ਨਾਹ ਕੋਈ ਜਤੀ ਸੀ ਨਾਹ ਕੋਈ ਸਤੀ ਸੀ ਤੇ ਨਾਹ ਕੋਈ ਤਿਆਗੀ ਸੀ । ਤਦੋਂ ਨਾਹ ਕੋਈ ਸਿੱਧ ਸਨ ਨਾਹ ਸਾਧਿਕ ਸਨ ਤੇ ਨਾਹ ਹੀ ਕੋਈ ਗ੍ਰਿਹਸਤੀ ਸਨ । ਤਦੋਂ ਨਾਹ ਕੋਈ ਜੋਗੀਆਂ ਦਾ ਤੇ ਨਾਹ ਕੋਈ ਜੰਗਮਾਂ ਦਾ ਭੇਖ ਸੀ, ਤੇ ਨਾਹ ਹੀ ਕੋਈ ਜੋਗੀਆਂ ਦਾ ਗੁਰੂ ਅਖਵਾਣ ਵਾਲਾ ਸੀ ।੫।

ਤਦੋਂ ਨਾਹ ਕਿਤੇ ਜਪ ਹੋ ਰਹੇ ਸਨ ਨਾਹ ਤਪ ਹੋ ਰਹੇ ਸਨ, ਨਾਹ ਕਿਤੇ ਸੰਜਮ ਸਾਧੇ ਜਾ ਰਹੇ ਸਨ ਨਾਹ ਵਰਤ ਰੱਖੇ ਜਾ ਰਹੇ ਸਨ ਤੇ ਨਾਹ ਹੀ ਪੂਜਾ ਕੀਤੀ ਜਾ ਰਹੀ ਸੀ । ਤਦੋਂ ਕੋਈ ਐਸਾ ਜੀਵ ਨਹੀਂ ਸੀ ਜੋ ਪਰਮਾਤਮਾ ਤੋਂ ਬਿਨਾ ਕਿਸੇ ਹੋਰ ਦਾ ਜ਼ਿਕਰ ਕਰ ਸਕਦਾ । ਤਦੋਂ ਪਰਮਾਤਮਾ ਆਪ ਹੀ ਆਪਣੇ ਆਪ ਵਿਚ ਪਰਗਟ ਹੋ ਕੇ ਖ਼ੁਸ਼ ਹੋ ਰਿਹਾ ਸੀ ਤੇ ਆਪਣੇ ਵਡੱਪਣ ਦਾ ਮੁੱਲ ਆਪ ਹੀ ਪਾਂਦਾ ਸੀ ।੬।

ਤਦੋਂ ਨਾਹ ਕਿਤੇ ਸੁੱਚ ਰੱਖੀ ਜਾ ਰਹੀ ਸੀ, ਨਾਹ ਕਿਤੇ ਕੋਈ ਸੰਜਮ ਕੀਤਾ ਜਾ ਰਿਹਾ ਸੀ, ਨਾਹ ਹੀ ਕਿਤੇ ਤੁਲਸੀ ਦੀ ਮਾਲਾ ਸੀ । ਤਦੋਂ ਨਾਹ ਕਿਤੇ ਕੋਈ ਗੋਪੀ ਸੀ ਨਾਹ ਕੋਈ ਕਾਨ੍ਹ ਸੀ, ਨਾਹ ਕੋਈ ਗਊ ਸੀ ਨਾਹ ਗਊਆਂ ਦਾ ਰਾਖਾ ਸੀ । ਤਦੋਂ ਨਾਹ ਕੋਈ ਤੰਤ੍ਰ ਮੰਤ੍ਰ ਆਦਿਕ ਪਖੰਡ ਸੀ ਤੇ ਨਾਹ ਕੋਈ ਬੰਸਰੀ ਵਜਾ ਰਿਹਾ ਸੀ ।੭।

ਤਦੋਂ ਨਾਹ ਕਿਤੇ ਧਾਰਮਿਕ ਕਰਮ-ਕਾਂਡ ਸੀ ਨਾਹ ਕਿਤੇ ਮਿੱਠੀ ਮਾਇਆ ਸੀ । ਤਦੋਂ ਨਾਹ ਕਿਤੇ ਕੋਈ (ਉੱਚੀ ਨੀਵੀਂ) ਜਾਤਿ ਸੀ ਤੇ ਨਾਹ ਹੀ ਕਿਸੇ ਜਾਤਿ ਵਿਚ ਕੋਈ ਜਨਮ ਲੈਂਦਾ ਅੱਖੀਂ ਦਿੱਸਦਾ ਸੀ । ਤਦੋਂ ਨਾਹ ਕਿਤੇ ਮਾਇਆ ਦੀ ਮਮਤਾ ਦਾ ਜਾਲ ਸੀ, ਨਾਹ ਕਿਤੇ ਕਿਸੇ ਦੇ ਸਿਰ ਉਤੇ ਕਾਲ (ਕੂਕਦਾ ਸੀ) । ਨਾਹ ਕੋਈ ਜੀਵ ਕਿਸੇ ਦਾ ਸਿਮਰਨ-ਧਿਆਨ ਧਰਦਾ ਸੀ ।੮।

ਤਦੋਂ ਨਾਹ ਕਿਤੇ ਨਿੰਦਿਆ ਸੀ ਨਾਹ ਖ਼ੁਸ਼ਾਮਦ ਸੀ, ਨਾਹ ਕੋਈ ਜੀਵਾਤਮਾ ਸੀ ਨਾਹ ਕੋਈ ਜਿੰਦ ਸੀ । ਤਦੋਂ ਨਾਹ ਗੋਰਖ ਸੀ ਨਾਹ ਮਾਛਿੰਦ੍ਰ ਨਾਥ ਸੀ । ਤਦੋਂ ਨਾਹ ਕਿਤੇ (ਧਾਰਮਿਕ ਪੁਸਤਕਾਂ ਦੀ) ਗਿਆਨ-ਚਰਚਾ ਸੀ ਨਾਹ ਕਿਤੇ ਸਮਾਧੀ-ਇਸਥਿਤ ਧਿਆਨ ਸੀ, ਤਦੋਂ ਨਾਹ ਕਿਤੇ ਕੁਲਾਂ ਦੀ ਉਤਪੱਤੀ ਸੀ ਤੇ ਨਾਹ ਹੀ ਕੋਈ (ਚੰਗੀ ਕੁਲ ਵਿਚ ਜੰਮਣ ਦਾ) ਮਾਣ ਕਰਦਾ ਸੀ ।੯।

ਤਦੋਂ ਨਾਹ ਕੋਈ ਬ੍ਰਾਹਮਣ ਖੱਤ੍ਰੀ ਆਦਿਕ ਵਰਨ ਸਨ ਨਾਹ ਕਿਤੇ ਜੋਗੀ ਜੰਗਮ ਆਦਿਕ ਭੇਖ ਸਨ । ਤਦੋਂ ਨਾਹ ਕੋਈ ਦੇਵਤਾ ਸੀ ਤੇ ਨਾਹ ਦੇਵਤੇ ਦਾ ਮੰਦਰ ਸੀ । ਤਦੋਂ ਨਾਹ ਕੋਈ ਗਊ ਸੀ, ਨਾਹ ਕਿਤੇ ਗਾਇਤ੍ਰੀ ਸੀ । ਨਾਹ ਕਿਤੇ ਹਵਨ ਸਨ ਨਾਹ ਜੱਗ ਹੋ ਰਹੇ ਸਨ, ਨਾਹ ਕਿਤੇ ਤੀਰਥਾਂ ਦਾ ਇਸ਼ਨਾਨ ਸੀ ਤੇ ਨਾਹ ਕੋਈ (ਦੇਵ-) ਪੂਜਾ ਕਰ ਰਿਹਾ ਸੀ ।੧੦।

ਤਦੋਂ ਨਾਹ ਕੋਈ ਮੌਲਵੀ ਸੀ ਨਾਹ ਕਾਜ਼ੀ ਸੀ, ਨਾਹ ਕੋਈ ਸ਼ੇਖ਼ ਸੀ ਨਾਹ ਹਾਜੀ ਸੀ । ਤਦੋਂ ਨਾਹ ਕਿਤੇ ਪਰਜਾ ਸੀ ਨਾਹ ਕੋਈ ਰਾਜਾ ਸੀ, ਨਾਹ ਕਿਤੇ ਦੁਨੀਆ ਵਾਲੀ ਹਉਮੈ ਹੀ ਸੀ, ਨਾਹ ਕੋਈ ਇਹੋ ਜਿਹੀ ਗੱਲ ਹੀ ਕਰਨ ਵਾਲਾ ਸੀ ।੧੧।

ਤਦੋਂ ਨਾਹ ਕਿਤੇ ਪ੍ਰੇਮ ਸੀ ਨਾਹ ਕਿਤੇ ਭਗਤੀ ਸੀ, ਨਾਹ ਕਿਤੇ ਜੜ੍ਹ ਸੀ ਨਾਹ ਚੇਤਨ ਸੀ । ਤਦੋਂ ਨਾਹ ਕਿਤੇ ਕੋਈ ਸੱਜਣ ਸੀ ਨਾਹ ਮਿੱਤਰ ਸੀ, ਨਾਹ ਕਿਤੇ ਪਿਤਾ ਦਾ ਵੀਰਜ ਸੀ ਨਾਹ ਮਾਂ ਦੀ ਰੱਤ ਸੀ । ਤਦੋਂ ਪਰਮਾਤਮਾ ਆਪ ਹੀ ਸ਼ਾਹ ਸੀ, ਆਪ ਹੀ ਵਣਜ ਕਰਨ ਵਾਲਾ ਸੀ, ਤਦੋਂ ਉਸ ਸਦਾ-ਥਿਰ ਪ੍ਰਭੂ ਨੂੰ ਇਹੋ ਕੁਝ ਚੰਗਾ ਲੱਗਦਾ ਸੀ ।੧੨।

ਤਦੋਂ ਨਾਹ ਕਿਤੇ ਸ਼ਾਸਤ੍ਰ ਸਿੰਮ੍ਰਿਤੀਆਂ ਤੇ ਵੇਦ ਸਨ, ਨਾਹ ਕਿਤੇ ਕੁਰਾਨ ਅੰਜੀਲ ਆਦਿਕ ਸ਼ਾਮੀ ਕਿਤਾਬਾਂ ਸਨ । ਤਦੋਂ ਕਿਤੇ ਪੁਰਾਣਾਂ ਦੇ ਪਾਠ ਭੀ ਨਹੀਂ ਸਨ । ਤਦੋਂ ਨਾਹ ਕਿਤੇ ਸੂਰਜ ਦਾ ਚੜ੍ਹਨਾ ਸੀ ਨਾਹ ਡੁੱਬਣਾ ਸੀ । ਤਦੋਂ

ਗਿਆਨ-ਇੰਦ੍ਰਿਆਂ ਦੀ ਪਹੁੰਚ ਤੋਂ ਪਰੇ ਰਹਿਣ ਵਾਲਾ ਪਰਮਾਤਮਾ ਆਪ ਹੀ ਬੋਲਣ ਚਾਲਣ ਵਾਲਾ ਸੀ, ਆਪ ਹੀ ਅਦ੍ਰਿਸ਼ਟ ਸੀ ਤੇ ਆਪ ਹੀ ਆਪਣੇ ਆਪ ਨੂੰ ਪਰਗਟ ਕਰਨ ਵਾਲਾ ਸੀ ।੧੩।

ਜਦੋਂ ਉਸ ਪਰਮਾਤਮਾ ਨੂੰ ਚੰਗਾ ਲੱਗਾ ਤਾਂ ਉਸ ਨੇ ਜਗਤ ਪੈਦਾ ਕਰ ਦਿੱਤਾ । ਇਸ ਸਾਰੇ ਜਗਤ-ਖਿਲਾਰੇ ਨੂੰ ਉਸ ਨੇ (ਕਿਸੇ ਦਿੱਸਦੇ) ਸਹਾਰੇ ਤੋਂ ਬਿਨਾ ਹੀ (ਆਪੋ ਆਪਣੇ ਥਾਂ) ਟਿਕਾ ਦਿੱਤਾ । ਤਦੋਂ ਉਸ ਨੇ ਬ੍ਰਹਮਾ ਵਿਸ਼ਨੂ ਤੇ ਸ਼ਿਵ ਭੀ ਪੈਦਾ ਕਰ ਦਿੱਤੇ, (ਜਗਤ ਵਿਚ) ਮਾਇਆ ਦਾ ਮੋਹ ਭੀ ਵਧਾ ਦਿੱਤਾ ।੧੪।

ਜਿਸ ਕਿਸੇ ਵਿਰਲੇ ਬੰਦੇ ਨੂੰ ਗੁਰੂ ਨੇ ਉਪਦੇਸ਼ ਸੁਣਾਇਆ (ਉਸ ਨੂੰ ਸਮਝ ਆ ਗਈ ਕਿ) ਪਰਮਾਤਮਾ ਜਗਤ ਪੈਦਾ ਕਰ ਕੇ ਆਪ ਹੀ ਸੰਭਾਲ ਕਰ ਰਿਹਾ ਹੈ, ਹਰ ਥਾਂ ਉਸ ਦਾ ਹੁਕਮ ਚੱਲ ਰਿਹਾ ਹੈ । ਉਸ ਪਰਮਾਤਮਾ ਨੇ ਆਪ ਹੀ ਖੰਡ ਬ੍ਰਹਮੰਡ ਪਾਤਾਲ ਆਦਿਕ ਬਣਾਏ ਹਨ ਤੇ ਉਹ ਆਪ ਹੀ ਗੁਪਤ ਹਾਲਤ ਤੋਂ ਪਰਗਟ ਹੋਇਆ ਹੈ ।੧੫।

ਪੂਰੇ ਗੁਰੂ ਤੋਂ ਇਹ ਸਮਝ ਪੈਂਦੀ ਹੈ ਕਿ ਕੋਈ ਭੀ ਜੀਵ ਪਰਮਾਤਮਾ ਦੀ ਤਾਕਤ ਦਾ ਅੰਤ ਨਹੀਂ ਜਾਣ ਸਕਦਾ । ਹੇ ਨਾਨਕ! ਜੇਹੜੇ ਬੰਦੇ ਉਸ ਸਦਾ-ਥਿਰ ਰਹਿਣ ਵਾਲੇ ਪਰਮਾਤਮਾ (ਦੇ ਨਾਮ-ਰੰਗ) ਵਿਚ ਰੰਗੇ ਜਾਂਦੇ ਹਨ ਉਹ (ਉਸ ਦੀ ਬੇਅੰਤ ਤਾਕਤ ਦੇ ਕੌਤਕ ਵੇਖ ਵੇਖ ਕੇ) ਹੈਰਾਨ ਹੀ ਹੈਰਾਨ ਹੁੰਦੇ ਹਨ ਤੇ ਉਸ ਦੇ ਗੁਣ ਗਾਂਦੇ ਰਹਿੰਦੇ ਹਨ ।੧੬।੩।੧੫।

ਮਾਰੂ ਮਹਲਾ ੧ ॥ ਆਪੇ ਆਪੁ ਉਪਾਇ ਨਿਰਾਲਾ ॥ ਸਾਚਾ ਥਾਨੁ ਕੀਓ ਦਇਆਲਾ ॥ ਪਉਣ ਪਾਣੀ ਅਗਨੀ ਕਾ ਬੰਧਨੁ ਕਾਇਆ ਕੋਟੁ ਰਚਾਇਦਾ ॥੧॥ ਨਉ ਘਰ ਥਾਪੇ ਥਾਪਣਹਾਰੈ ॥ ਦਸਵੈ ਵਾਸਾ ਅਲਖ ਅਪਾਰੈ ॥ ਸਾਇਰ ਸਪਤ ਭਰੇ ਜਲਿ ਨਿਰਮਲਿ ਗੁਰਮੁਖਿ ਮੈਲੁ ਨ ਲਾਇਦਾ ॥੨॥ ਰਵਿ ਸਸਿ ਦੀਪਕ ਜੋਤਿ ਸਬਾਈ ॥ ਆਪੇ ਕਰਿ ਵੇਖੈ ਵਡਿਆਈ ॥ ਜੋਤਿ ਸਰੂਪ ਸਦਾ ਸੁਖਦਾਤਾ ਸਚੇ ਸੋਭਾ ਪਾਇਦਾ ॥੩॥ ਗੜ ਮਹਿ ਹਾਟ ਪਟਣ ਵਾਪਾਰਾ ॥ ਪੂਰੈ ਤੋਲਿ ਤੋਲੈ ਵਣਜਾਰਾ ॥ ਆਪੇ ਰਤਨੁ ਵਿਸਾਹੇ ਲੇਵੈ ਆਪੇ ਕੀਮਤਿ ਪਾਇਦਾ ॥੪॥ ਕੀਮਤਿ ਪਾਈ ਪਾਵਣਹਾਰੈ ॥ ਵੇਪਰਵਾਹ ਪੂਰੇ ਭੰਡਾਰੈ ॥ ਸਰਬ ਕਲਾ ਲੇ ਆਪੇ ਰਹਿਆ ਗੁਰਮੁਖਿ ਕਿਸੈ ਬੁਝਾਇਦਾ ॥੫॥ ਨਦਰਿ ਕਰੇ ਪੂਰਾ ਗੁਰੁ ਭੇਟੈ ॥ ਜਮ ਜੰਦਾਰੁ ਨ ਮਾਰੈ ਫੇਟੈ ॥ ਜਿਉ ਜਲ ਅੰਤਰਿ ਕਮਲੁ ਬਿਗਾਸੀ ਆਪੇ ਬਿਗਸਿ ਧਿਆਇਦਾ ॥੬॥ ਆਪੇ ਵਰਖੈ ਅੰਮ੍ਰਿਤ ਧਾਰਾ ॥ ਰਤਨ ਜਵੇਹਰ ਲਾਲ ਅਪਾਰਾ ॥ ਸਤਿਗੁਰੁ ਮਿਲੈ ਤ ਪੂਰਾ ਪਾਈਐ ਪ੍ਰੇਮ ਪਦਾਰਥੁ ਪਾਇਦਾ ॥੭॥ ਪ੍ਰੇਮ ਪਦਾਰਥੁ ਲਹੈ ਅਮੋਲੋ ॥ ਕਬ ਹੀ ਨ ਘਾਟਸਿ ਪੂਰਾ ਤੋਲੋ ॥ ਸਚੇ ਕਾ ਵਾਪਾਰੀ ਹੋਵੈ ਸਚੋ ਸਉਦਾ ਪਾਇਦਾ ॥੮॥ ਸਚਾ ਸਉਦਾ ਵਿਰਲਾ ਕੋ ਪਾਏ ॥ ਪੂਰਾ ਸਤਿਗੁਰੁ ਮਿਲੈ ਮਿਲਾਏ ॥ ਗੁਰਮੁਖਿ ਹੋਇ ਸੁ ਹੁਕਮੁ ਪਛਾਣੈ ਮਾਨੈ ਹੁਕਮੁ ਸਮਾਇਦਾ ॥੯॥ ਹੁਕਮੇ ਆਇਆ ਹੁਕਮਿ ਸਮਾਇਆ ॥ ਹੁਕਮੇ ਦੀਸੈ ਜਗਤੁ ਉਪਾਇਆ ॥ ਹੁਕਮੇ ਸੁਰਗੁ ਮਛੁ ਪਇਆਲਾ ਹੁਕਮੇ ਕਲਾ ਰਹਾਇਦਾ ॥੧੦॥ ਹੁਕਮੇ ਧਰਤੀ ਧਉਲ ਸਿਰਿ ਭਾਰੰ ॥ ਹੁਕਮੇ ਪਉਣ ਪਾਣੀ ਗੈਣਾਰੰ ॥ ਹੁਕਮੇ ਸਿਵ ਸਕਤੀ ਘਰਿ ਵਾਸਾ ਹੁਕਮੇ ਖੇਲ ਖੇਲਾਇਦਾ ॥੧੧॥ ਹੁਕਮੇ ਆਡਾਣੇ ਆਗਾਸੀ ॥ ਹੁਕਮੇ ਜਲ ਥਲ ਤ੍ਰਿਭਵਣ ਵਾਸੀ ॥ ਹੁਕਮੇ ਸਾਸ ਗਿਰਾਸ ਸਦਾ ਫੁਨਿ ਹੁਕਮੇ ਦੇਖਿ ਦਿਖਾਇਦਾ ॥੧੨॥ ਹੁਕਮਿ ਉਪਾਏ ਦਸ ਅਉਤਾਰਾ ॥ ਦੇਵ ਦਾਨਵ ਅਗਣਤ ਅਪਾਰਾ ॥ ਮਾਨੈ ਹੁਕਮੁ ਸੁ ਦਰਗਹ ਪੈਝੈ ਸਾਚਿ ਮਿਲਾਇ ਸਮਾਇਦਾ ॥੧੩॥ ਹੁਕਮੇ ਜੁਗ ਛਤੀਹ ਗੁਦਾਰੇ ॥ ਹੁਕਮੇ ਸਿਧ ਸਾਧਿਕ ਵੀਚਾਰੇ ॥ ਆਪਿ ਨਾਥੁ ਨਥੀ ਸਭ ਜਾ ਕੀ ਬਖਸੇ ਮੁਕਤਿ ਕਰਾਇਦਾ ॥੧੪॥ ਕਾਇਆ ਕੋਟੁ ਗੜੈ ਮਹਿ ਰਾਜਾ ॥ ਨੇਬ ਖਵਾਸ ਭਲਾ ਦਰਵਾਜਾ ॥ ਮਿਥਿਆ ਲੋਭੁ ਨਾਹੀ ਘਰਿ ਵਾਸਾ ਲਬਿ ਪਾਪਿ ਪਛੁਤਾਇਦਾ ॥੧੫॥ ਸਤੁ ਸੰਤੋਖੁ ਨਗਰ ਮਹਿ ਕਾਰੀ ॥ ਜਤੁ ਸਤੁ ਸੰਜਮੁ ਸਰਣਿ ਮੁਰਾਰੀ ॥ ਨਾਨਕ ਸਹਜਿ ਮਿਲੈ ਜਗਜੀਵਨੁ ਗੁਰ ਸਬਦੀ ਪਤਿ ਪਾਇਦਾ ॥੧੬॥੪॥੧੬॥ {ਪੰਨਾ ੧੦੩੬-੧੦੩੭}

ਪਦ ਅਰਥ :—ਆਪੁ—ਆਪਣੇ ਆਪ ਨੂੰ । ਨਿਰਾਲਾ—ਵੱਖਰਾ, ਨਿਰਲੇਪ । ਸਾਚਾ—ਸਦਾ-ਥਿਰ ਪ੍ਰਭੂ । ਬੰਧਨੁ—ਮੇਲ । ਕੋਟੁ—ਕਿਲ੍ਹਾ ।੧।

ਘਰ—ਗੋਲਕਾਂ, ਇੰਦ੍ਰੇ । ਥਾਪਣਹਾਰੈ—ਬਣਾਣ ਦੀ ਸਮਰੱਥਾ ਰੱਖਣ ਵਾਲੇ ਨੇ । ਦਸਵੈ—ਦਸਵੇਂ ਘਰ ਵਿਚ, ਦਸਵੇਂ ਦੁਆਰ ਵਿਚ । ਅਪਾਰੈ—ਅਪਾਰ (ਪ੍ਰਭੂ) ਦਾ । ਸਾਇਰ—ਸਮੁੰਦਰ । ਸਪਤ—ਸੱਤ । ਸਪਤ ਸਾਇਰ—(ਕਾਇਆ ਕੋਟ ਦੇ) ਸੱਤ ਸਮੁੰਦਰ (ਪੰਜ-ਗਿਆਨ ਇੰਦ੍ਰੇ, ਮਨ ਅਤੇ ਬੁਧਿ) । ਜਲਿ ਨਿਰਮਲਿ—(ਨਾਮ ਦੇ) ਨਿਰਮਲ ਜਲ ਨਾਲ । ਗੁਰਮੁਖਿ—ਗੁਰੂ ਦੇ ਸਨਮੁਖ ਰਹਿਣ ਵਾਲਾ ਬੰਦਾ ।੨।

ਰਵਿ—ਸੂਰਜ । ਸਸਿ—ਚੰਦ੍ਰਮਾ । ਦੀਪਕ—ਦੀਵੇ । ਸਬਾਈ—ਸਾਰੀ ।੩।

ਗੜ—ਕਿਲ੍ਹਾ । ਪਟਣ—ਸ਼ਹਿਰ । ਤੋਲਿ—ਤੋਲ ਨਾਲ । ਵਿਸਾਹੇ—ਖ਼ਰੀਦਦਾ ਹੈ ।੪।

ਭੰਡਾਰੈ—ਖ਼ਜ਼ਾਨੇ ਵਿਚ । ਕਲਾ—ਸੱਤਿਆ । ਗੁਰਮੁਖਿ—ਗੁਰੂ ਦੀ ਰਾਹੀਂ ।੫।

ਭੇਟੈ—ਮਿਲਦਾ ਹੈ । ਜੰਦਾਰੁ—ਅਵੈੜਾ, ਜ਼ਾਲਮ । ਫੇਟੈ—ਫੇਟ, ਸੱਟ । ਬਿਗਾਸੀ—ਖਿੜਦਾ ਹੈ ।੬।

ਲਹੈ—ਲੱਭ ਲੈਂਦਾ ਹੈ । ਸਚੋ—ਸੱਚ ਹੀ, ਸਦਾ-ਥਿਰ ਨਾਮ ਹੀ ।੮।

ਕੋ—ਕੋਈ ਬੰਦਾ । ਗੁਰਮੁਖਿ—ਗੁਰੂ ਦੇ ਸਨਮੁਖ । ਸਮਾਇਦਾ—ਲੀਨ ਹੋ ਜਾਂਦਾ ਹੈ ।੯।

ਸਮਾਇਆ—ਮਰ ਗਿਆ । ਮਛੁ—ਮਾਤ-ਲੋਕ । ਪਇਆਲਾ—ਪਾਤਾਲ । ਕਲਾ—ਸੱਤਿਆ ।੧੦।

ਧਉਲ—ਬਲਦ । ਗੈਣਾਰੰ—ਆਕਾਸ਼ । ਸਿਵ ਸਕਤੀ ਘਰਿ—ਸ਼ਿਵ ਦੀ ਸ਼ਕਤੀ ਦੇ ਘਰ ਵਿਚ ।੧੧।

ਆਡਾਣੇ—ਖਿਲਾਰੇ ਹੋਏ ਹਨ, ਅੱਡੇ ਹੋਏ ਹਨ । ਗਿਰਾਸ—ਗਿਰਾਹੀ । ਫੁਨਿ—ਮੁੜ, ਅਤੇ ।੧੨।

ਦਾਨਵ—ਦੈਂਤ, ਰਾਖਸ਼ । ਪੈਝੈ—ਆਦਰ ਪਾਂਦਾ ਹੈ ।੧੩।

ਗੁਦਾਰੇ—ਗੁਜ਼ਾਰੇ {ਨੋਟ :—'ਜ਼' ਅਤੇ 'ਦ' ਦਾ ਆਪੋ ਵਿਚ ਵਟਾਂਦਰਾ : ਕਾਜ਼ੀ, ਕਾਦੀ; ਕਾਜ਼ੀਆ—ਕਾਦੀਆ; ਕਾਗਜ਼, ਕਾਗਦ; ਨਜ਼ਰਿ, ਨਦਰਿ । 'ਵਖਤੁ ਨ ਪਾਇਓ ਕਾਦੀਆ'} । ਵੀਚਾਰੇ—ਵਿਚਾਰਵਾਨ । ਜਾ ਕੀ—ਜਿਸ ਨਾਥ-ਪ੍ਰਭੂ ਦੀ ।੧੪।

ਕੋਟੁ—ਕਿਲ੍ਹਾ । ਨੇਬ—ਨਾਇਬ । ਖਵਾਸ—ਦਰਬਾਰੀ, ਮੁਸਾਹਿਬ । ਭਲਾ—ਚੰਗਾ, ਸੋਹਣਾ । ਲਬਿ—ਲੱਬ ਦੇ ਕਾਰਨ । ਪਾਪਿ—ਪਾਪ ਦੇ ਕਾਰਨ ।੧੫।

ਕਾਰੀ—ਕਾਰਿੰਦੇ । ਸੰਜਮੁ—ਇੰਦ੍ਰਿਆਂ ਨੂੰ ਵਿਕਾਰਾਂ ਵਲੋਂ ਰੋਕਣ ਦਾ ਉੱਦਮ । ਸਹਜਿ—ਆਤਮਕ ਅਡੋਲਤਾ ਵਿਚ । ਜਗਜੀਵਨੁ—ਜਗਤ ਦਾ ਜੀਵਨ ਪ੍ਰਭੂ ।੧੬।

ਅਰਥ :—(ਪਰਮਾਤਮਾ) ਆਪ ਹੀ ਆਪਣੇ ਆਪ ਨੂੰ (ਜਗਤ ਦੇ ਰੂਪ ਵਿਚ) ਪੈਦਾ ਕਰ ਕੇ (ਮਾਇਆ ਦੇ ਮੋਹ ਤੋਂ) ਨਿਰਲੇਪ (ਭੀ) ਰਹਿੰਦਾ ਹੈ । ਹਵਾ ਪਾਣੀ ਅੱਗ (ਆਦਿਕ ਤੱਤਾਂ) ਦਾ ਮੇਲ ਕਰ ਕੇ ਉਹ ਪਰਮਾਤਮਾ ਸਰੀਰ-ਕਿਲ੍ਹਾ ਰਚਦਾ ਹੈ ਤੇ ਸਦਾ-ਥਿਰ ਦਇਆਲ ਪ੍ਰਭੂ ਇਸ ਸਰੀਰ ਨੂੰ (ਆਪਣੇ ਰਹਿਣ ਲਈ) ਥਾਂ ਬਣਾਂਦਾ ਹੈ ।੧।

ਬਣਾਣ ਦੀ ਤਾਕਤ ਰੱਖਣ ਵਾਲੇ ਪ੍ਰਭੂ ਨੇ ਇਸ ਸਰੀਰ ਦੇ ਨੌ ਘਰ (ਕਰਮ ਇੰਦ੍ਰੇ) ਬਣਾਏ ਹਨ । ਦਸਵੇਂ ਘਰ (ਦਸਵੇਂ ਦੁਆਰ) ਵਿਚ ਉਸ ਅਦ੍ਰਿਸ਼ਟ ਤੇ ਬੇਅੰਤ ਪ੍ਰਭੂ ਦੀ ਰਿਹੈਸ਼ ਹੈ । (ਜੀਵ ਮਾਇਆ ਦੇ ਮੋਹ ਵਿਚ ਫਸ ਕੇ ਆਪਣੇ ਆਪ ਨੂੰ ਮਲੀਨ ਕਰ ਲੈਂਦੇ ਹਨ, ਪਰ) ਜੇਹੜਾ ਮਨੁੱਖ ਗੁਰੂ ਦੇ ਸਨਮੁਖ ਹੁੰਦਾ ਹੈ ਉਸ ਦੇ ਪੰਜੇ ਗਿਆਨ-ਇੰਦ੍ਰੇ ਉਸ ਦਾ ਮਨ ਉਸ ਦੀ ਬੁੱਧੀ—ਇਹ ਸੱਤੇ ਹੀ ਸਰੋਵਰ ਪ੍ਰਭੂ ਦੇ ਨਾਮ ਦੇ ਪਵਿਤ੍ਰ ਜਲ ਨਾਲ ਭਰੇ ਰਹਿੰਦੇ ਹਨ, ਇਸ ਵਾਸਤੇ ਉਸ ਨੂੰ ਮਾਇਆ ਦੀ ਮੈਲ ਨਹੀਂ ਲੱਗਦੀ ।੨।

ਪਰਮਾਤਮਾ ਆਪ ਹੀ ਸੂਰਜ ਚੰਦ੍ਰਮਾ (ਜਗਤ ਦੇ) ਦੀਵੇ ਬਣਾ ਕੇ ਆਪਣੀ ਵਡਿਆਈ ਵੇਖਦਾ ਹੈ, ਇਹਨਾਂ ਸੂਰਜ ਚੰਦ੍ਰਮਾ (ਆਦਿਕ) ਦੀਵਿਆਂ ਵਿਚ ਸਾਰੀ ਸ੍ਰਿਸ਼ਟੀ ਵਿਚ ਉਸ ਦੀ ਆਪਣੀ ਹੀ ਜੋਤਿ (ਚਾਨਣ ਕਰ ਰਹੀ) ਹੈ । ਉਹ ਪ੍ਰਭੂ ਸਦਾ ਚਾਨਣ ਹੀ ਚਾਨਣ ਹੈ, ਉਹ ਸਦਾ (ਜੀਵਾਂ ਨੂੰ) ਸੁਖ ਦੇਣ ਵਾਲਾ ਹੈ । ਜੇਹੜਾ ਜੀਵ ਉਸ ਦਾ ਰੂਪ ਹੋ ਜਾਂਦਾ ਹੈ ਉਸ ਨੂੰ ਪ੍ਰਭੂ ਆਪ ਹੀ ਸੋਭਾ ਦੇਂਦਾ ਹੈ ।੩।

(ਪ੍ਰਭੂ ਦੇ ਰਚੇ ਹੋਏ ਇਸ ਸਰੀਰ-) ਕਿਲ੍ਹੇ ਵਿਚ (ਗਿਆਨ-ਇੰਦ੍ਰੇ, ਮਾਨੋ) ਸ਼ਹਰ ਦੇ ਹੱਟ ਹਨ ਜਿਥੇ (ਪ੍ਰਭੂ ਆਪ ਹੀ) ਵਾਪਾਰ ਕਰ ਰਿਹਾ ਹੈ । (ਪ੍ਰਭੂ ਦਾ ਨਾਮ ਹੀ ਇਕ ਐਸਾ ਤੋਲ ਹੈ ਜਿਸ ਦੀ ਰਾਹੀਂ ਕੀਤੇ ਵਣਜ ਵਿਚ ਕੋਈ ਘਾਟਾ ਨਹੀਂ ਪੈਂਦਾ, ਇਸ) ਪੂਰੇ ਤੋਲ ਦੀ ਰਾਹੀਂ ਪ੍ਰਭੂ-ਵਣਜਾਰਾ (ਸਰੀਰ-ਕਿਲ੍ਹੇ ਵਿਚ ਬੈਠ ਕੇ) ਆਪ ਹੀ ਨਾਮ-ਵੱਖਰ ਤੋਲਦਾ ਹੈ, ਆਪ ਹੀ ਨਾਮ-ਰਤਨ ਵਿਹਾਝਦਾ ਹੈ, ਆਪ ਹੀ ਨਾਮ ਰਤਨ ਦਾ (ਠੀਕ) ਮੁੱਲ ਪਾਂਦਾ ਹੈ ।੪।

ਪ੍ਰਭੂ ਕਿਸੇ (ਵਿਰਲੇ ਭਾਗਾਂ ਵਾਲੇ) ਨੂੰ ਗੁਰੂ ਦੀ ਰਾਹੀਂ ਇਹ ਸਮਝ ਬਖ਼ਸ਼ਦਾ ਹੈ ਕਿ ਉਹ ਆਪ ਹੀ ਆਪਣੀ ਸਾਰੀ ਸੱਤਿਆ (ਆਪਣੇ ਅੰਦਰ) ਰੱਖ ਕੇ ਸਭ ਜੀਵਾਂ ਵਿਚ ਵਿਆਪ ਰਿਹਾ ਹੈ ਤੇ ਕਦਰ ਸਮਝਣ ਵਾਲਾ ਪ੍ਰਭੂ ਆਪਣੇ ਨਾਮ-ਰਤਨ ਦੀ ਕਦਰ ਪਾ ਰਿਹਾ ਹੈ । (ਜਿਸ ਨੂੰ ਇਹ ਸਮਝ ਦੇਂਦਾ ਹੈ ਉਹ) ਉਸ ਵੇ-ਪਰਵਾਹ ਪਰਮਾਤਮਾ ਦੇ ਭਰੇ ਖ਼ਜ਼ਾਨੇ ਵਿਚੋਂ ਨਾਮ-ਰਤਨ ਪ੍ਰਾਪਤ ਕਰਦਾ ਹੈ ।੫।

ਜਿਸ ਮਨੁੱਖ ਉਤੇ ਪ੍ਰਭੂ ਮੇਹਰ ਦੀ ਨਿਗਾਹ ਕਰਦਾ ਹੈ ਉਸ ਨੂੰ ਪੂਰਾ ਸਤਿਗੁਰੂ ਮਿਲ ਪੈਂਦਾ ਹੈ, ਜ਼ਾਲਮ ਜਮ ਉਸ ਉਤੇ ਕੋਈ ਸੱਟ-ਫੇਟ ਨਹੀਂ ਕਰ ਕਰਦਾ । ਜਿਵੇਂ ਪਾਣੀ ਵਿਚ ਕਉਲ ਫੁੱਲ ਖਿੜਦਾ ਹੈ (ਨਿਰਲੇਪ ਰਹਿੰਦਾ ਹੈ) ਤਿਵੇਂ ਪ੍ਰਭੂ ਆਪ ਹੀ ਉਸ ਮਨੁੱਖ ਦੇ ਅੰਦਰ ਖਿੜ ਕੇ (ਆਪਣੇ ਆਪ ਨੂੰ) ਸਿਮਰਦਾ ਹੈ ।੬।

(ਜਿਸ ਮਨੁੱਖ ਨੂੰ ਗੁਰੂ ਮਿਲਾਂਦਾ ਹੈ ਉਸ ਦੇ ਅੰਦਰ ਪ੍ਰਭੂ) ਆਪ ਹੀ ਨਾਮ-ਅੰਮ੍ਰਿਤ ਦੀਆਂ ਧਾਰਾਂ ਦੀ ਵਰਖਾ ਕਰਦਾ ਹੈ, ਜਿਸ ਵਿਚ ਪ੍ਰਭੂ ਦੇ ਬੇਅੰਤ ਗੁਣ-ਰੂਪ ਰਤਨ ਜਵਾਹਰ ਤੇ ਲਾਲ ਹੁੰਦੇ ਹਨ । ਗੁਰੂ ਮਿਲ ਪਏ ਤਾਂ ਪੂਰਾ ਪ੍ਰਭੂ ਮਿਲ ਪੈਂਦਾ ਹੈ । (ਜਿਸ ਮਨੁੱਖ ਨੂੰ ਗੁਰੂ ਦੀ ਰਾਹੀਂ ਪੂਰਨ ਪਰਮਾਤਮਾ ਮਿਲਦਾ ਹੈ ਉਹ) ਪ੍ਰਭੂ-ਪ੍ਰੇਮ ਦਾ ਅਮੋਲਕ ਵੱਖਰ ਪ੍ਰਾਪਤ ਕਰ ਲੈਂਦਾ ਹੈ ।੭।

(ਗੁਰੂ ਦੀ ਸਰਨ ਪੈ ਕੇ) ਜੇਹੜਾ ਮਨੁੱਖ ਪ੍ਰਭੂ-ਪ੍ਰੇਮ ਦਾ ਕੀਮਤੀ ਸੌਦਾ ਹਾਸਲ ਕਰ ਲੈਂਦਾ ਹੈ, ਉਸ ਦਾ ਇਹ ਸੌਦਾ ਘਟਦਾ ਨਹੀਂ, (ਜਦ ਕਦੇ ਭੀ ਤੋਲਿਆ ਜਾਏ ਉਸ ਦਾ) ਤੋਲ ਪੂਰਾ ਹੀ ਨਿਕਲੇਗਾ (ਭਾਵ, ਮਾਇਆ ਦੇ ਭਾਵੇਂ ਕਈ ਹੱਲੇ ਪਏ ਹੋਣ, ਉਸ ਦਾ ਪ੍ਰਭੂ-ਚਰਨਾਂ ਵਾਲਾ ਪ੍ਰੇਮ ਡੋਲਦਾ ਨਹੀਂ) । ਜੇਹੜਾ ਮਨੁੱਖ ਸਦਾ-ਥਿਰ ਰਹਿਣ ਵਾਲੇ ਪਰਮਾਤਮਾ ਦੇ ਨਾਮ ਦਾ ਵਪਾਰ ਕਰਨ ਲੱਗ ਪੈਂਦਾ ਹੈ, ਉਹ ਇਹ ਸਦਾ-ਥਿਰ ਨਾਮ ਦਾ ਸੌਦਾ ਹੀ ਲੱਦਦਾ ਹੈ ।੮।

(ਪਰ ਜਗਤ ਵਿਚ) ਕੋਈ ਵਿਰਲਾ ਬੰਦਾ ਸਦਾ-ਥਿਰ ਰਹਿਣ ਵਾਲਾ ਇਹ ਸੌਦਾ ਪ੍ਰਾਪਤ ਕਰਦਾ ਹੈ । ਜਿਸ ਨੂੰ ਪੂਰਾ ਸਤਿਗੁਰੂ ਮਿਲ ਪੈਂਦਾ ਹੈ ਗੁਰੂ ਉਸ ਨੂੰ ਇਹ ਸੌਦਾ ਦਿਵਾ ਦੇਂਦਾ ਹੈ । ਜੇਹੜਾ ਮਨੁੱਖ ਗੁਰੂ ਦੀ ਸਰਨ ਪੈਂਦਾ ਹੈ ਉਹ ਪਰਮਾਤਮਾ ਦੀ ਰਜ਼ਾ ਨੂੰ ਸਮਝ ਲੈਂਦਾ ਹੈ ਤੇ ਜੇਹੜਾ ਰਜ਼ਾ ਨੂੰ (ਸਿਰ-ਮੱਥੇ ਤੇ) ਮੰਨਦਾ ਹੈ ਉਹ (ਰਜ਼ਾ ਦੇ ਮਾਲਕ ਵਿਚ ਹੀ) ਲੀਨ ਹੋ ਜਾਂਦਾ ਹੈ ।੯।

(ਰਜ਼ਾ ਨੂੰ ਮੰਨ ਲੈਣ ਵਾਲੇ ਬੰਦੇ ਨੂੰ ਇਹ ਨਿਸ਼ਚਾ ਹੋ ਜਾਂਦਾ ਹੈ ਕਿ) ਜੀਵ ਪਰਮਾਤਮਾ ਦੇ ਹੁਕਮ ਅਨੁਸਾਰ (ਜਗਤ ਵਿਚ) ਆਉਂਦਾ ਹੈ ਹੁਕਮ ਅਨੁਸਾਰ ਸਮਾ ਜਾਂਦਾ ਹੈ (ਜਗਤ ਤੋਂ ਚਲਾ ਜਾਂਦਾ ਹੈ) । ਉਸ ਨੂੰ ਇਹ ਦਿੱਸਦਾ ਹੈ ਕਿ ਸਾਰਾ ਜਗਤ ਹੁਕਮ ਵਿਚ ਹੀ ਪੈਦਾ ਹੁੰਦਾ ਹੈ । ਪ੍ਰਭੂ ਦੇ ਹੁਕਮ ਅਨੁਸਾਰ ਹੀ ਸੁਰਗ-ਲੋਕ ਮਾਤ-ਲੋਕ ਤੇ ਪਤਾਲ-ਲੋਕ ਬਣਦਾ ਹੈ, ਪ੍ਰਭੂ ਆਪਣੇ ਹੁਕਮ ਵਿਚ ਹੀ ਆਪਣੀ ਸੱਤਿਆ ਨਾਲ ਇਸ (ਜਗਤ) ਨੂੰ ਆਸਰਾ ਦੇਈ ਰੱਖਦਾ ਹੈ ।੧੦।

ਪ੍ਰਭੂ ਦੇ ਹੁਕਮ ਵਿਚ ਹੀ ਧਰਤੀ ਬਣੀ ਜਿਸ ਦਾ ਡਰ ਬਲਦ ਦੇ ਸਿਰ ਉਤੇ (ਸਮਝਿਆ ਜਾਂਦਾ ਹੈ) । ਹੁਕਮ ਵਿਚ ਹੀ ਹਵਾ ਪਾਣੀ (ਆਦਿਕ ਤੱਤ ਬਣੇ) ਤੇ ਆਕਾਸ਼ ਬਣਿਆ । ਪ੍ਰਭੂ ਦੇ ਹੁਕਮ ਅਨੁਸਾਰ ਹੀ ਜੀਵਾਤਮਾ ਦਾ ਮਾਇਆ ਦੇ ਘਰ ਵਿਚ ਵਾਸ ਹੋਇਆ । ਪ੍ਰਭੂ ਆਪਣੇ ਹੁਕਮ ਵਿਚ ਹੀ (ਜਗਤ ਦੇ ਸਾਰੇ) ਕੌਤਕ ਵਰਤਾ ਰਿਹਾ ਹੈ ।੧੧।

ਪ੍ਰਭੂ ਦੇ ਹੁਕਮ ਵਿਚ ਹੀ ਆਕਾਸ਼ ਤਣੇ ਗਏ, ਹੁਕਮ ਵਿਚ ਹੀ ਪਾਣੀ ਧਰਤੀ ਤਿੰਨੇ ਭਵਨ ਬਣੇ ਜਿਨ੍ਹਾਂ ਵਿਚ ਉਹ ਆਪ ਹੀ ਵਿਆਪਕ ਹੈ । ਪ੍ਰਭੂ ਆਪਣੇ ਹੁਕਮ ਅਨੁਸਾਰ ਹੀ ਜੀਵਾਂ ਨੂੰ ਸਾਹ ਦੇਂਦਾ ਹੈ ਤੇ ਸਦਾ ਰਿਜ਼ਕ ਦੇਂਦਾ ਹੈ । ਪ੍ਰਭੂ ਆਪਣੀ ਰਜ਼ਾ ਵਿਚ ਹੀ ਜੀਵਾਂ ਦੀ ਸੰਭਾਲ ਕਰ ਕੇ ਸਭ ਨੂੰ ਵੇਖਣ ਦੀ ਤਾਕਤ

ਦੇਂਦਾ ਹੈ ।੧੨।

ਪ੍ਰਭੂ ਨੇ ਆਪਣੇ ਹੁਕਮ ਵਿਚ ਹੀ (ਵਿਸ਼ਨੂ ਦੇ) ਦਸ ਅਵਤਾਰ ਪੈਦਾ ਕੀਤੇ, ਅਣਗਿਣਤ ਤੇ ਬੇਅੰਤ ਦੇਵਤੇ ਬਣਾਏ ਤੇ ਦੈਂਤ ਬਣਾਏ । ਜੇਹੜਾ ਜੀਵ ਪ੍ਰਭੂ ਦੇ ਹੁਕਮ ਨੂੰ ਮੰਨ ਲੈਂਦਾ ਹੈ ਉਹ ਉਸ ਦੀ ਦਰਗਾਹ ਵਿਚ ਆਦਰ ਪਾਂਦਾ ਹੈ । ਪ੍ਰਭੂ ਉਸ ਨੂੰ ਆਪਣੇ ਸਦਾ-ਥਿਰ ਨਾਮ ਵਿਚ ਜੋੜ ਕੇ ਆਪਣੇ (ਚਰਨਾਂ) ਵਿਚ ਲੀਨ ਕਰ ਲੈਂਦਾ ਹੈ ।੧੩।

ਪ੍ਰਭੂ ਨੇ ਆਪਣੇ ਹੁਕਮ ਅਨੁਸਾਰ ਹੀ ('ਧੁੰਧੂਕਾਰਾਂ' ਦੇ) ਛੱਤੀ ਜੁਗ ਗੁਜ਼ਾਰ ਦਿੱਤੇ, ਆਪਣੇ ਹੁਕਮ ਵਿਚ ਹੀ ਉਹ ਸਿੱਧ ਸਾਧਿਕ ਤੇ ਵਿਚਾਰਵਾਨ ਪੈਦਾ ਕਰ ਦੇਂਦਾ ਹੈ । ਸਾਰੀ ਸ੍ਰਿਸ਼ਟੀ ਦਾ ਉਹ ਆਪ ਹੀ ਖਸਮ ਹੈ, ਸਾਰੀ ਸ੍ਰਿਸ਼ਟੀ ਉਸੇ ਦੇ ਹੁਕਮ ਵਿਚ ਬੱਝੀ ਹੋਈ ਹੈ । ਜਿਸ ਜੀਵ ਉਤੇ ਉਹ ਮੇਹਰ ਕਰਦਾ ਹੈ ਉਸ ਨੂੰ ਮਾਇਆ ਦੇ ਬੰਧਨਾਂ ਤੋਂ ਖ਼ਲਾਸੀ ਦੇ ਦੇਂਦਾ ਹੈ ।੧੪।

(ਪ੍ਰਭੂ ਦੇ ਹੁਕਮ ਵਿਚ ਹੀ) ਸਰੀਰ ਕਿਲ੍ਹਾ ਬਣਿਆ ਹੈ ਜਿਸ ਨੂੰ (ਮੂੰਹ) ਸੋਹਣਾ ਦਰਵਾਜ਼ਾ ਲੱਗਾ ਹੋਇਆ ਹੈ, ਇਸ ਕਿਲ੍ਹੇ ਵਿਚ ਆਪ ਹੀ ਰਾਜਾ ਹੈ, ਕਰਮ ਇੰਦ੍ਰੇ ਤੇ ਗਿਆਨ ਇੰਦ੍ਰੇ ਉਸ ਦੇ ਦਰਬਾਰੀ ਹਨ । ਪਰ ਝੂਠਾ ਲੋਭ (ਚੌਕੀਦਾਰ ਹੋਣ ਕਰਕੇ) ਜੀਵ ਨੂੰ ਪ੍ਰਭੂ ਦੀ ਹਜ਼ੂਰੀ ਵਿਚ ਅੱਪੜਨਾ ਨਹੀਂ ਮਿਲਦਾ । ਲੋਭ ਦੇ ਕਾਰਨ ਪਾਪ ਦੇ ਕਾਰਨ ਜੀਵ ਪਛੁਤਾਂਦਾ ਰਹਿੰਦਾ ਹੈ ।੧੫।

ਜਿਸ ਸਰੀਰ-ਨਗਰ ਵਿਚ ਸੇਵਾ, ਸੰਤੋਖ, ਜਤ, ਉੱਚਾ ਆਚਰਨ ਤੇ ਸੰਜਮ ਕਾਰਿੰਦੇ ਹਨ (ਉਸ ਵਿਚ ਵੱਸਦਾ ਜੀਵ) ਪਰਮਾਤਮਾ ਦੀ ਸਰਨ ਵਿਚ ਟਿਕਿਆ ਰਹਿੰਦਾ ਹੈ । ਹੇ ਨਾਨਕ! ਅਡੋਲ ਆਤਮਕ ਅਵਸਥਾ ਵਿਚ ਟਿਕੇ ਉਸ ਜੀਵ ਨੂੰ ਜਗਤ ਦਾ ਜੀਵਨ ਪ੍ਰਭੂ ਮਿਲ ਪੈਂਦਾ ਹੈ । ਗੁਰੂ ਦੇ ਸ਼ਬਦ ਵਿਚ ਜੁੜ ਕੇ ਉਹ ਪ੍ਰਭੂ ਦੀ ਹਜ਼ੂਰੀ ਵਿਚ ਇੱਜ਼ਤ ਪਾਂਦਾ ਹੈ ।੧੬।੪।੧੬।

ਮਾਰੂ ਮਹਲਾ ੧ ॥ ਸੁੰਨ ਕਲਾ ਅਪਰੰਪਰਿ ਧਾਰੀ ॥ ਆਪਿ ਨਿਰਾਲਮੁ ਅਪਰ ਅਪਾਰੀ ॥ ਆਪੇ ਕੁਦਰਤਿ ਕਰਿ ਕਰਿ ਦੇਖੈ ਸੁੰਨਹੁ ਸੁੰਨੁ ਉਪਾਇਦਾ ॥੧॥ ਪਉਣੁ ਪਾਣੀ ਸੁੰਨੈ ਤੇ ਸਾਜੇ ॥ ਸ੍ਰਿਸਟਿ ਉਪਾਇ ਕਾਇਆ ਗੜ ਰਾਜੇ ॥ ਅਗਨਿ ਪਾਣੀ ਜੀਉ ਜੋਤਿ ਤੁਮਾਰੀ ਸੁੰਨੇ ਕਲਾ ਰਹਾਇਦਾ ॥੨॥ ਸੁੰਨਹੁ ਬ੍ਰਹਮਾ ਬਿਸਨੁ ਮਹੇਸੁ ਉਪਾਏ ॥ ਸੁੰਨੇ ਵਰਤੇ ਜੁਗ ਸਬਾਏ ॥ ਇਸੁ ਪਦ ਵੀਚਾਰੇ ਸੋ ਜਨੁ ਪੂਰਾ ਤਿਸੁ ਮਿਲੀਐ ਭਰਮੁ ਚੁਕਾਇਦਾ ॥੩॥ ਸੁੰਨਹੁ ਸਪਤ ਸਰੋਵਰ ਥਾਪੇ ॥ ਜਿਨਿ ਸਾਜੇ ਵੀਚਾਰੇ ਆਪੇ ॥ ਤਿਤੁ ਸਤ ਸਰਿ ਮਨੂਆ ਗੁਰਮੁਖਿ ਨਾਵੈ ਫਿਰਿ ਬਾਹੁੜਿ ਜੋਨਿ ਨ ਪਾਇਦਾ ॥੪॥ ਸੁੰਨਹੁ ਚੰਦੁ ਸੂਰਜੁ ਗੈਣਾਰੇ ॥ ਤਿਸ ਕੀ ਜੋਤਿ ਤ੍ਰਿਭਵਣ ਸਾਰੇ ॥ ਸੁੰਨੇ ਅਲਖ ਅਪਾਰ ਨਿਰਾਲਮੁ ਸੁੰਨੇ ਤਾੜੀ ਲਾਇਦਾ ॥੫॥ ਸੁੰਨਹੁ ਧਰਤਿ ਅਕਾਸੁ ਉਪਾਏ ॥ ਬਿਨੁ ਥੰਮਾ ਰਾਖੇ ਸਚੁ ਕਲ ਪਾਏ ॥ ਤ੍ਰਿਭਵਣ ਸਾਜਿ ਮੇਖੁਲੀ ਮਾਇਆ ਆਪਿ ਉਪਾਇ ਖਪਾਇਦਾ ॥੬॥ ਸੁੰਨਹੁ ਖਾਣੀ ਸੁੰਨਹੁ ਬਾਣੀ ॥ ਸੁੰਨਹੁ ਉਪਜੀ ਸੁੰਨਿ ਸਮਾਣੀ ॥ ਉਤਭੁਜੁ ਚਲਤੁ ਕੀਆ ਸਿਰਿ ਕਰਤੈ ਬਿਸਮਾਦੁ ਸਬਦਿ ਦੇਖਾਇਦਾ ॥੭॥ ਸੁੰਨਹੁ ਰਾਤਿ ਦਿਨਸੁ ਦੁਇ ਕੀਏ ॥ ਓਪਤਿ ਖਪਤਿ ਸੁਖਾ ਦੁਖ ਦੀਏ ॥ ਸੁਖ ਦੁਖ ਹੀ ਤੇ ਅਮਰੁ ਅਤੀਤਾ ਗੁਰਮੁਖਿ ਨਿਜ ਘਰੁ ਪਾਇਦਾ ॥੮॥ ਸਾਮ ਵੇਦੁ ਰਿਗੁ ਜੁਜਰੁ ਅਥਰਬਣੁ ॥ ਬ੍ਰਹਮੇ ਮੁਖਿ ਮਾਇਆ ਹੈ ਤ੍ਰੈ ਗੁਣ ॥ ਤਾ ਕੀ ਕੀਮਤਿ ਕਹਿ ਨ ਸਕੈ ਕੋ ਤਿਉ ਬੋਲੇ ਜਿਉ ਬੋਲਾਇਦਾ ॥੯॥ ਸੁੰਨਹੁ ਸਪਤ ਪਾਤਾਲ ਉਪਾਏ ॥ ਸੁੰਨਹੁ ਭਵਣ ਰਖੇ ਲਿਵ ਲਾਏ ॥ ਆਪੇ ਕਾਰਣੁ ਕੀਆ ਅਪਰੰਪਰਿ ਸਭੁ ਤੇਰੋ ਕੀਆ ਕਮਾਇਦਾ ॥੧੦॥ ਰਜ ਤਮ ਸਤ ਕਲ ਤੇਰੀ ਛਾਇਆ ॥ ਜਨਮ ਮਰਣ ਹਉਮੈ ਦੁਖੁ ਪਾਇਆ ॥ ਜਿਸ ਨੋ ਕ੍ਰਿਪਾ ਕਰੇ ਹਰਿ ਗੁਰਮੁਖਿ ਗੁਣਿ ਚਉਥੈ ਮੁਕਤਿ ਕਰਾਇਦਾ ॥੧੧॥ ਸੁੰਨਹੁ ਉਪਜੇ ਦਸ ਅਵਤਾਰਾ ॥ ਸ੍ਰਿਸਟਿ ਉਪਾਇ ਕੀਆ ਪਾਸਾਰਾ ॥ ਦੇਵ ਦਾਨਵ ਗਣ ਗੰਧਰਬ ਸਾਜੇ ਸਭਿ ਲਿਖਿਆ ਕਰਮ ਕਮਾਇਦਾ ॥੧੨॥ ਗੁਰਮੁਖਿ ਸਮਝੈ ਰੋਗੁ ਨ ਹੋਈ ॥ ਇਹ ਗੁਰ ਕੀ ਪਉੜੀ ਜਾਣੈ ਜਨੁ ਕੋਈ ॥ ਜੁਗਹ ਜੁਗੰਤਰਿ ਮੁਕਤਿ ਪਰਾਇਣ ਸੋ ਮੁਕਤਿ ਭਇਆ ਪਤਿ ਪਾਇਦਾ ॥੧੩॥ ਪੰਚ ਤਤੁ ਸੁੰਨਹੁ ਪਰਗਾਸਾ ॥ ਦੇਹ ਸੰਜੋਗੀ ਕਰਮ ਅਭਿਆਸਾ ॥ ਬੁਰਾ ਭਲਾ ਦੁਇ ਮਸਤਕਿ ਲੀਖੇ ਪਾਪੁ ਪੁੰਨੁ ਬੀਜਾਇਦਾ ॥੧੪॥ ਊਤਮ ਸਤਿਗੁਰ ਪੁਰਖ ਨਿਰਾਲੇ ॥ ਸਬਦਿ ਰਤੇ ਹਰਿ ਰਸਿ ਮਤਵਾਲੇ ॥ ਰਿਧਿ ਬੁਧਿ ਸਿਧਿ ਗਿਆਨੁ ਗੁਰੂ ਤੇ ਪਾਈਐ ਪੂਰੈ ਭਾਗਿ ਮਿਲਾਇਦਾ ॥੧੫॥ ਇਸੁ ਮਨ ਮਾਇਆ ਕਉ ਨੇਹੁ ਘਨੇਰਾ ॥ ਕੋਈ ਬੂਝਹੁ ਗਿਆਨੀ ਕਰਹੁ ਨਿਬੇਰਾ ॥ ਆਸਾ ਮਨਸਾ ਹਉਮੈ ਸਹਸਾ ਨਰੁ ਲੋਭੀ ਕੂੜੁ ਕਮਾਇਦਾ ॥੧੬॥ ਸਤਿਗੁਰ ਤੇ ਪਾਏ ਵੀਚਾਰਾ ॥ ਸੁੰਨ ਸਮਾਧਿ ਸਚੇ ਘਰ ਬਾਰਾ ॥ ਨਾਨਕ ਨਿਰਮਲ ਨਾਦੁ ਸਬਦ ਧੁਨਿ ਸਚੁ ਰਾਮੈ ਨਾਮਿ ਸਮਾਇਦਾ ॥੧੭॥੫॥੧੭॥ {ਪੰਨਾ ੧੦੩੭-੧੦੩੮}

ਪਦ ਅਰਥ :—ਅਪਰੰਪਰ—ਉਹ ਪ੍ਰਭੂ ਜੋ ਪਰੇ ਤੋਂ ਪਰੇ ਹੈ, ਜਿਸ ਤੋਂ ਪਰੇ ਹੋਰ ਕੁਝ ਭੀ ਨਹੀਂ । ਅਪਰੰਪਰਿ—ਅਪਰੰਪਰ ਨੇ, ਉਸ ਪ੍ਰਭੂ ਨੇ ਜਿਸ ਤੋਂ ਪਰੇ ਹੋਰ ਕੁਝ ਭੀ ਨਹੀਂ । ਸੁੰਨ—{_ਯ} ਸੁੰਞ, ਉਹ ਜਿਸ ਤੋਂ ਬਿਨਾ ਹੋਰ ਸੁੰਞ ਹੀ ਸੁੰਞ ਹੈ, ਉਹ ਪ੍ਰਭੂ ਜਿਸ ਤੋਂ ਬਿਨਾ ਕੁਝ ਭੀ ਨਹੀਂ, ਪ੍ਰਭੂ ਆਪ ਹੀ ਆਪ ਹੈ । ਸੰਨ ਅਪਰੰਪਰਿ—ਉਸ ਪਰਮਾਤਮਾ ਨੇ ਜਿਸ ਤੋਂ ਪਰੇ ਹੋਰ ਕੁਝ ਭੀ ਨਹੀਂ ਤੇ ਜੋ ਸਿਰਫ਼ ਆਪ ਹੀ ਆਪ ਹੈ । ਕਲਾ—ਸੱਤਿਆ । ਧਾਰੀ—ਧਾਰਨ ਕੀਤੀ ਹੋਈ ਹੈ । ਨਿਰਾਲਮੁ—{ਨਿਰਾਲੰਬ} ਜੋ ਆਪਣੇ ਸਹਾਰੇ ਆਪ ਹੀ ਹੈ, ਜਿਸ ਨੂੰ ਕਿਸੇ ਹੋਰ ਸਹਾਰੇ ਦੀ ਲੋੜ ਨਹੀਂ (ਆਲੰਬ—ਸਹਾਰਾ) । ਅਪਾਰ—ਜਿਸ ਦਾ ਪਾਰਲਾ ਬੰਨਾ ਲੱਭਿਆ ਨਹੀਂ ਜਾ ਸਕਦਾ । ਸੁੰਨਹੁ ਸੁੰਨੁ—ਨਿਰੋਲ ਸੁੰਨ ਹਾਲਤ, ਨਿਰੋਲ ਉਹ ਹਾਲਤ ਜਦੋਂ ਉਸ ਦੇ ਆਪਣੇ ਆਪੇ ਤੋਂ ਬਿਨਾ ਹੋਰ ਕੁਝ ਭੀ ਨਹੀਂ ਹੁੰਦਾ ।੧।

ਸੁੰਨੈ ਤੇ—ਸੁੰਨ ਤੋਂ ਹੀ, ਨਿਰੋਲ ਆਪਣੇ ਆਪੇ ਤੋਂ ਹੀ । ਕਾਇਆ ਗੜ ਰਾਜੇ—ਸਰੀਰ-ਕਿਲ੍ਹਿਆਂ ਦੇ ਰਾਜੇ, ਜੀਵ । ਜੀਉ—ਜੀਵਾਤਮਾ । ਸੁੰਨੇ—ਸੁੰਨ ਵਿਚ ਹੀ, ਨਿਰੋਲ ਆਪਣੇ ਆਪ ਵਿਚ ਹੀ ।੨।

ਮਹੇਸੁ—ਸ਼ਿਵ । ਵਰਤੇ—ਬੀਤ ਗਏ । ਸਬਾਏ—ਸਾਰੇ । ਪਦ—ਅਵਸਥਾ, ਆਤਮਕ ਅਵਸਥਾ । ਵੀਚਾਰੇ—ਆਪਣੇ ਸੋਚ-ਮੰਡਲ ਵਿਚ ਟਿਕਾਂਦਾ ਹੈ । ਪੂਰਾ—ਜੋ ਕੋਈ ਉਕਾਈ ਨਹੀਂ ਖਾਂਦਾ ।੩।

ਸਪਤ ਸਰੋਵਰ—ਸਤ ਸਰੋਵਰ (ਪੰਜ ਗਿਆਨ ਇੰਦ੍ਰੇ, ਮਨ, ਬੁਧਿ) । ਜਿਨਿ—ਜਿਸ ਪਰਮਾਤਮਾ ਨੇ । ਵੀਚਾਰੇ—ਆਪਣੀ ਸੋਚ-ਮੰਡਲ ਵਿਚ ਰੱਖਦਾ ਹੈ । ਤਿਤੁ—ਉਸ ਵਿਚ । ਸਤ ਸਰਿ—ਸ਼ਾਂਤੀ ਦੇ ਸਰ ਵਿਚ । ਤਿਤੁ ਸਤ ਸਰਿ—ਉਸ ਸ਼ਾਂਤੀ-ਦੇ-ਸਰ (ਪ੍ਰਭੂ) ਵਿਚ । ਬਾਹੁੜਿ—ਮੁੜ ।੪।

ਗੈਣਾਰੈ—ਆਕਾਸ਼ । ਸੁੰਨੇ—ਸੁੰਨ ਵਿਚ ਹੀ, ਨਿਰੋਲ ਆਪਣੇ ਆਪ ਵਿਚ ਹੀ ।੫।

ਸਚੁ—ਸਦਾ-ਥਿਰ ਰਹਿਣ ਵਾਲਾ ਪਰਮਾਤਮਾ । ਕਲ—ਸੱਤਿਆ । ਮੇਖੁਲੀ—ਤੜਾਗੀ । ਖਪਾਇਦਾ—ਨਾਸ ਕਰਦਾ ਹੈ ।੬।

ਸੁੰਨਹੁ—ਸੁੰਨ ਤੋਂ ਹੀ, ਨਿਰੋਲ ਆਪਣੇ ਆਪ ਤੋਂ ਹੀ । ਉਪਜੀ—ਪੈਦਾ ਹੁੰਦੀ ਹੈ । ਸੁੰਨਿ—ਨਿਰੋਲ ਉਸ ਦੇ ਆਪਣੇ ਆਪੇ ਵਿਚ । ਸਿਰਿ—ਸਿਰ ਤੇ, ਸਭ ਤੋਂ ਪਹਿਲਾਂ । ਉਤਭੁਜ ਚਲਤੁ—ਉਤਭੁਜ ਦਾ ਤਮਾਸ਼ਾ, ਜਿਵੇਂ ਧਰਤੀ ਵਿਚੋਂ ਬਨਸਪਤੀ ਆਪਣੇ ਆਪ ਉੱਗ ਪੈਂਦੀ ਹੈ ਇਹੋ ਜਿਹਾ ਹੀ ਜਗਤ-ਰਚਨਾ ਦਾ ਕੌਤਕ । ਕਰਤੈ—ਕਰਤਾਰ ਨੇ । ਬਿਸਮਾਦੁ—ਹੈਰਾਨ ਕਰਨ ਵਾਲਾ ਚਲਤ । ਸਬਦਿ—ਆਪਣੇ ਸ਼ਬਦ (ਹੁਕਮ) ਦੀ ਰਾਹੀਂ ।੭।

ਦੁਇ—ਦੋਵੇਂ । ਓਪਤਿ—ਉਤਪੱਤੀ । ਖਪਤਿ—ਨਾਸ, ਪਰਲੌ । ਅਮਰੁ—ਜਿਸ ਨੂੰ ਮੌਤ ਨਾਹ ਆਵੇ, ਜਿਸ ਨੂੰ ਆਤਮਕ ਮੌਤ ਪੋਹ ਨ ਸਕੇ । ਅਤੀਤ—(ਮਾਇਆ ਦੇ ਪਰਭਾਵ ਤੋਂ) ਪਰੇ ਲੰਘਿਆ ਹੋਇਆ ।੮।

ਰਿਗੁ—ਰਿਗ ਵੇਦ । ਜੁਜਰੁ—ਜਜੁਰ ਵੇਦ । ਬ੍ਰਹਮੇ ਮੁਖਿ—ਬ੍ਰਹਮਾ ਦੀ ਰਾਹੀਂ । ਤਾ ਕੀ—ਉਸ (ਪਰਮਾਤਮਾ) ਦੀ ।੯।

ਸਪਤ—ਸੱਤ । ਲਿਵ ਲਾਏ—ਲਿਵ ਲਾ ਕੇ, ਧਿਆਨ ਨਾਲ । ਅਪਰੰਪਰਿ—ਅਪਰੰਪਰ ਨੇ । ਸਭੁ—ਹਰੇਕ ਜੀਵ ।੧੦।

ਰਜ ਤਮ ਸਤ—ਮਾਇਆ ਦੇ ਤਿੰਨੇ ਗੁਣ । ਕਲ—ਸੱਤਿਆ । ਛਾਇਆ—ਆਸਰਾ, ਸਾਇਆ । ਗੁਣਿ ਚਉਥੈ—ਚੌਥੇ ਗੁਣ ਵਿਚ ।੧੧।

ਦਾਨਵ—ਦੈਂਤ । ਗਣ—ਸ਼ਿਵਜੀ ਦੇ ਖ਼ਾਸ ਉਪਾਸਕ । ਗੰਧਰਬ—ਦੇਵਤਿਆਂ ਦੇ ਰਾਗੀ । ਸਭਿ—ਸਾਰੇ ।੧੨।

ਗੁਰ ਕੀ ਪਉੜੀ—ਗੁਰੂ ਦੇ ਦੱਸੇ ਰਾਹ ਤੇ ਤੁਰਨਾ । ਕੋਈ—ਕੋਈ ਵਿਰਲਾ । ਪਰਾਇਣ—ਆਸਰਾ । ਜੁਗਹ ਜੁਗੰਤਰਿ—ਅਨੇਕਾਂ ਹੀ ਜੁਗਾਂ ਤੋਂ । ਪਤਿ—ਇੱਜ਼ਤ ।੧੩।

ਪੰਚ ਤਤੁ—ਪੰਜ ਤੱਤਾਂ ਤੋਂ ਬਣਿਆ ਸਰੀਰ । ਦੇਹ—ਸਰੀਰ । ਸੰਜੋਗੀ—ਸੰਜੋਗ ਦੀ ਰਾਹੀਂ, ਸੰਬੰਧ ਬਣਨ ਨਾਲ । ਦੁਇ—ਦੋਵੇਂ । ਮਸਤਕਿ—ਮੱਥੇ ਉਤੇ ।੧੪।

ਨਿਰਾਲੇ—ਨਿਰਲੇਪ । ਸਤਿਗੁਰ ਪੁਰਖ ਸਬਦਿ ਰਤੇ—ਜੋ ਬੰਦੇ ਸਤਿਗੁਰ ਪੁਰਖ ਦੇ ਸ਼ਬਦ ਵਿਚ ਰੰਗੇ ਰਹਿੰਦੇ ਹਨ । ਹਰਿ ਰਸਿ—ਹਰੀ ਦੇ ਰਸ ਵਿਚ । ਰਿਧਿ ਸਿਧਿ—ਆਤਮਕ ਤਾਕਤਾਂ । ਗੁਰੂ ਤੇ—ਗੁਰੂ ਤੋਂ ।੧੫।

ਕਉ—ਨੂੰ । ਘਨੇਰਾ—ਬਹੁਤ । ਨਿਬੇਰਾ—ਫ਼ੈਸਲਾ । ਨਿਬੇਰਾ ਕਰਹੁ—(ਮਾਇਆ ਦਾ ਨੇਹੁ) ਮੁਕਾ ਦਿਉ । ਮਨਸਾ—{ਮਨੀ—ਾ—ਦਇਸਰਿਏ, ਇਸਿਹ} ਕਾਮਨਾ । ਸਹਸਾ—ਸਹਮ ।੧੬।

ਤੇ—ਤੋਂ । ਵੀਚਾਰ—ਪ੍ਰਭੂ ਦੇ ਗੁਣਾਂ ਦੀ ਵਿਚਾਰ । ਸਚੇ ਘਰ ਬਾਰਾ—ਸਦਾ-ਥਿਰ ਰਹਿਣ ਵਾਲੇ ਪਰਮਾਤਮਾ ਦੀ ਹਜ਼ੂਰੀ । ਨਾਦੁ—ਰਾਗ । ਧੁਨਿ—ਰੌ । ਰਾਮੈ ਨਾਮਿ—ਪਰਮਾਤਮਾ ਦੇ ਨਾਮ ਵਿਚ ।੧੭।

ਅਰਥ :—ਉਸ ਪਰਮਾਤਮਾ ਨੇ, ਜਿਸ ਤੋਂ ਪਰੇ ਹੋਰ ਕੁਝ ਭੀ ਨਹੀਂ ਤੇ ਜੋ ਨਿਰੋਲ ਆਪ ਹੀ ਆਪ ਹੈ, ਆਪਣੀ ਤਾਕਤ ਆਪ ਹੀ ਬਣਾਈ ਹੋਈ ਹੈ । ਉਹ ਅਪਰ ਤੇ ਅਪਾਰ ਪ੍ਰਭੂ ਆਪਣੇ ਸਹਾਰੇ ਆਪ ਹੀ ਹੈ (ਉਸ ਨੂੰ ਕਿਸੇ ਹੋਰ ਆਸਰੇ ਦੀ ਲੋੜ ਨਹੀਂ ਪੈਂਦੀ) । ਉਹ ਪਰਮਾਤਮਾ ਨਿਰੋਲ ਉਹ ਹਾਲਤ ਭੀ ਆਪ ਹੀ ਪੈਦਾ ਕਰਦਾ ਹੈ ਜਦੋਂ ਉਸ ਦੇ ਆਪਣੇ ਆਪੇ ਤੋਂ ਬਿਨਾ ਹੋਰ ਕੁਝ ਭੀ ਨਹੀਂ ਹੁੰਦਾ, ਤੇ ਆਪ ਹੀ ਆਪਣੀ ਕੁਦਰਤਿ ਰਚ ਕੇ ਵੇਖਦਾ ਹੈ ।੧।

ਹਵਾ ਪਾਣੀ (ਆਦਿਕ ਤੱਤ) ਉਹ ਨਿਰੋਲ ਆਪਣੇ ਆਪੇ ਤੋਂ ਪੈਦਾ ਕਰਦਾ ਹੈ । ਸ੍ਰਿਸ਼ਟੀ ਪੈਦਾ ਕਰ ਕੇ (ਆਪਣੇ ਆਪੇ ਤੋਂ ਹੀ) ਸਰੀਰ ਤੇ ਸਰੀਰ-ਕਿਲ੍ਹਿਆਂ ਦੇ ਰਾਜੇ (ਜੀਵ) ਪੈਦਾ ਕਰਦਾ ਹੈ । ਹੇ ਪ੍ਰਭੂ ! ਅੱਗ ਪਾਣੀ ਆਦਿਕ ਤੱਤਾਂ ਦੇ ਬਣੇ ਸਰੀਰ ਵਿਚ ਜੀਵਾਤਮਾ ਤੇਰੀ ਹੀ ਜੋਤਿ ਹੈ । ਤੂੰ ਨਿਰੋਲ ਆਪਣੇ ਆਪੇ ਵਿਚ ਆਪਣੀ ਸ਼ਕਤੀ ਟਿਕਾਈ ਰੱਖਦਾ ਹੈਂ ।੨।

ਬ੍ਰਹਮਾ ਵਿਸ਼ਨੂ ਸ਼ਿਵ ਨਿਰੋਲ ਆਪਣੇ ਆਪੇ ਤੋਂ ਹੀ ਪਰਮਾਤਮਾ ਨੇ ਪੈਦਾ ਕੀਤੇ । ਸਾਰੇ ਅਨੇਕਾਂ ਜੁਗ ਨਿਰੋਲ ਉਸ ਦੇ ਆਪਣੇ ਆਪੇ ਵਿਚ ਹੀ ਬੀਤਦੇ ਗਏ । ਜੇਹੜਾ ਮਨੁੱਖ ਇਸ (ਹੈਰਾਨ ਕਰਨ ਵਾਲੀ) ਹਾਲਤ ਨੂੰ ਆਪਣੇ ਸੋਚ-ਮੰਡਲ ਵਿਚ ਟਿਕਾਂਦਾ ਹੈ ਉਹ (ਹੋਰ ਹੋਰ ਆਸਰੇ ਭਾਲਣ ਦੀ) ਉਕਾਈ ਨਹੀਂ ਖਾਂਦਾ । ਅਜੇਹੇ ਪੂਰਨ ਮਨੁੱਖ ਦੀ ਸੰਗਤਿ ਕਰਨੀ ਚਾਹੀਦੀ ਹੈ ਉਹ ਹੋਰਨਾਂ ਦੀ ਭਟਕਣਾ ਭੀ ਦੂਰ ਕਰ ਦੇਂਦਾ ਹੈ ।੩।

ਪਰਮਾਤਮਾ ਨੇ (ਜੀਵਾਂ ਦੇ ਪੰਜ ਗਿਆਨ ਇੰਦ੍ਰੇ ਮਨ ਤੇ ਬੁਧਿ—ਇਹ) ਸੱਤ ਸਰੋਵਰ ਭੀ ਨਿਰੋਲ ਆਪਣੇ ਆਪੇ ਤੋਂ ਬਣਾਏ ਹਨ । ਜਿਸ ਪਰਮਾਤਮਾ ਨੇ ਜੀਵ ਪੈਦਾ ਕੀਤੇ ਹਨ ਉਹ ਆਪ ਹੀ ਉਹਨਾਂ ਨੂੰ ਆਪਣੇ ਸੋਚ-ਮੰਡਲ ਵਿਚ ਰੱਖਦਾ ਹੈ । ਜਿਸ ਮਨੁੱਖ ਦਾ ਮਨ ਗੁਰੂ ਦੀ ਸਰਨ ਪੈ ਕੇ ਉਸ ਸ਼ਾਂਤੀ ਦੇ ਸਰ (ਪ੍ਰਭੂ) ਵਿਚ ਇਸ਼ਨਾਨ ਕਰਦਾ ਹੈ, ਉਹ ਮੁੜ ਜੂਨਾਂ ਦੇ ਗੇੜ ਵਿਚ ਨਹੀਂ ਪੈਂਦਾ ।੪।

ਚੰਦ ਸੂਰਜ ਆਕਾਸ਼ ਭੀ ਪ੍ਰਭੂ ਦੇ ਨਿਰੋਲ ਆਪਣੇ ਹੀ ਆਪੇ ਤੋਂ ਬਣੇ । ਉਸ ਦੀ ਆਪਣੀ ਹੀ ਜੋਤਿ ਸਾਰੇ ਤਿੰਨਾਂ ਭਵਨਾਂ ਵਿਚ ਪਸਰ ਰਹੀ ਹੈ । ਉਹ ਅਦ੍ਰਿਸ਼ਟ ਤੇ ਬੇਅੰਤ ਪਰਮਾਤਮਾ ਨਿਰੋਲ ਆਪਣੇ ਆਪੇ ਵਿਚ ਕਿਸੇ ਹੋਰ ਆਸਰੇ ਤੋਂ ਬੇ-ਮੁਥਾਜ ਰਹਿੰਦਾ ਹੈ, ਤੇ ਆਪਣੇ ਹੀ ਆਪੇ ਵਿਚ ਮਸਤ ਰਹਿੰਦਾ ਹੈ ।੫।

ਪਰਮਾਤਮਾ ਨੇ ਧਰਤੀ ਆਕਾਸ਼ ਨਿਰੋਲ ਆਪਣੇ ਆਪੇ ਤੋਂ ਹੀ ਪੈਦਾ ਕੀਤੇ । ਉਹ ਸਦਾ-ਥਿਰ ਰਹਿਣ ਵਾਲਾ ਪ੍ਰਭੂ ਆਪਣੀ ਤਾਕਤ ਦੇ ਸਹਾਰੇ ਹੀ ਬਿਨਾ ਕਿਸੇ ਹੋਰ ਥੰਮ੍ਹਾਂ ਦੇ ਟਿਕਾਈ ਰੱਖਦਾ ਹੈ । ਤਿੰਨੇ ਭਵਨ ਪੈਦਾ ਕਰ ਕੇ ਪਰਮਾਤਮਾ ਆਪ ਹੀ ਇਹਨਾਂ ਨੂੰ ਮਾਇਆ ਦੀ ਤੜਾਗੀ (ਵਿਚ ਬੰਨ੍ਹੀ ਰੱਖਦਾ ਹੈ) । ਆਪ ਹੀ ਪੈਦਾ ਕਰਦਾ ਹੈ ਆਪ ਹੀ ਨਾਸ ਕਰਦਾ ਹੈ ।੬।

ਪ੍ਰਭੂ ਨਿਰੋਲ ਆਪਣੇ ਆਪੇ ਤੋਂ ਹੀ ਜੀਵ-ਉਤਪੱਤੀ ਦੀਆਂ ਚਾਰ ਖਾਣੀਆਂ ਬਣਾਂਦਾ ਹੈ ਤੇ ਜੀਵਾਂ ਦੀਆਂ ਬਾਣੀਆਂ ਰਚਦਾ ਹੈ । ਉਸ ਦੇ ਨਿਰੋਲ ਆਪਣੇ ਆਪੇ ਤੋਂ ਹੀ ਸ੍ਰਿਸ਼ਟੀ ਪੈਦਾ ਹੁੰਦੀ ਹੈ ਤੇ ਉਸ ਦੇ ਆਪੇ ਵਿਚ ਹੀ ਸਮਾ ਜਾਂਦੀ ਹੈ । ਸਭ ਤੋਂ ਪਹਿਲਾਂ ਕਰਤਾਰ ਨੇ ਜਗਤ-ਰਚਨਾ ਦਾ ਕੁਝ ਅਜੇਹਾ ਕੌਤਕ ਹੀ ਰਚਿਆ ਜਿਵੇਂ ਧਰਤੀ ਵਿਚ ਬਨਸਪਤੀ ਆਪਣੇ ਆਪ ਉੱਗ ਪੈਂਦੀ ਹੈ । ਆਪਣੇ ਹੁਕਮ ਨਾਲ ਹੀ ਇਹ ਹੈਰਾਨ ਕਰਨ ਵਾਲਾ ਤਮਾਸ਼ਾ ਵਿਖਾ ਦੇਂਦਾ ਹੈ ।੭।

ਨਿਰੋਲ ਆਪਣੇ ਆਪੇ ਤੋਂ ਹੀ ਪਰਮਾਤਮਾ ਨੇ ਦੋਵੇਂ ਦਿਨ ਤੇ ਰਾਤ ਬਣਾ ਦਿੱਤੇ । ਆਪ ਹੀ ਜੀਵਾਂ ਨੂੰ ਜਨਮ ਤੇ ਮਰਨ, ਸੁਖ ਤੇ ਦੁਖ ਦੇਂਦਾ ਹੈ । ਜੇਹੜਾ ਮਨੁੱਖ ਗੁਰੂ ਦੀ ਸਰਨ ਪੈ ਕੇ ਸੁਖਾਂ ਦੁਖਾਂ ਤੋਂ ਨਿਰਲੇਪ ਹੋ ਜਾਂਦਾ ਹੈ ਉਹ ਅਟੱਲ ਆਤਮਕ ਜੀਵਨ ਵਾਲਾ ਬਣ ਜਾਂਦਾ ਹੈ, ਉਹ ਉਸ ਘਰ ਨੂੰ ਲੱਭ ਲੈਂਦਾ ਹੈ ਜੇਹੜਾ ਸਦਾ ਉਸ ਦਾ ਆਪਣਾ ਬਣਿਆ ਰਹਿੰਦਾ ਹੈ (ਭਾਵ, ਉਹ ਸਦਾ ਲਈ ਪ੍ਰਭੂ-ਚਰਨਾਂ ਵਿਚ ਜੁੜ ਜਾਂਦਾ ਹੈ) ।੮।

ਬ੍ਰਹਮਾ ਦੀ ਰਾਹੀਂ ਸਾਮ ਰਿਗ ਜਜੁਰ ਅਥਰਬਣ—ਇਹ ਚਾਰੇ ਵੇਦ ਪ੍ਰਭੂ ਦੇ ਨਿਰੋਲ ਆਪਣੇ ਆਪੇ ਤੋਂ ਹੀ ਪ੍ਰਗਟੇ, ਮਾਇਆ ਦੇ ਤਿੰਨੇ ਗੁਣ ਭੀ ਉਸ ਦੇ ਆਪੇ ਤੋਂ ਹੀ ਪੈਦਾ ਹੋਏ । ਕੋਈ ਜੀਵ ਉਸ ਪਰਮਾਤਮਾ ਦਾ ਮੁੱਲ ਨਹੀਂ ਪਾ ਸਕਦਾ । ਜੀਵ ਉਸੇ ਤਰ੍ਹਾਂ ਹੀ ਬੋਲ ਸਕਦਾ ਹੈ ਜਿਵੇਂ ਪ੍ਰਭੂ ਆਪ ਪ੍ਰੇਰਨਾ ਕਰਦਾ ਹੈ ।੯।

ਪ੍ਰਭੂ ਨੇ ਨਿਰੋਲ ਆਪਣੇ ਆਪੇ ਤੋਂ ਹੀ ਸੱਤ ਪਾਤਾਲ (ਤੇ ਸੱਤ ਆਕਾਸ਼) ਪੈਦਾ ਕੀਤੇ, ਨਿਰੋਲ ਆਪਣੇ ਆਪੇ ਤੋਂ ਹੀ ਤਿੰਨੇ ਭਵਨ ਬਣਾ ਕੇ ਪੂਰੇ ਧਿਆਨ ਨਾਲ ਉਹਨਾਂ ਦੀ ਸੰਭਾਲ ਕਰਦਾ ਹੈ । ਉਸ ਪਰਮਾਤਮਾ ਨੇ ਜਿਸ ਤੋਂ ਪਰੇ ਹੋਰ ਕੁਝ ਭੀ ਨਹੀਂ ਹੈ ਆਪ ਹੀ ਜਗਤ-ਰਚਨਾ ਦਾ ਮੁੱਢ ਬਣਾਇਆ ।

ਹੇ ਪ੍ਰਭੂ! ਹਰੇਕ ਜੀਵ ਤੇਰਾ ਹੀ ਪ੍ਰੇਰਿਆ ਹੋਇਆ ਕਰਮ ਕਰਦਾ ਹੈ ।੧੦।

(ਮਾਇਆ ਦੇ ਤਿੰਨ ਗੁਣ) ਰਜੋ ਤਮੋ ਤੇ ਸਤੋ (ਹੇ ਪ੍ਰਭੂ!) ਤੇਰੀ ਹੀ ਤਾਕਤ ਦੇ ਆਸਰੇ ਬਣੇ । ਜੀਵਾਂ ਵਾਸਤੇ ਜੰਮਣਾ ਤੇ ਮਰਨਾ ਤੂੰ ਆਪ ਹੀ ਪੈਦਾ ਕੀਤਾ, ਹਉਮੈ ਦਾ ਦੁੱਖ ਭੀ ਤੂੰ ਆਪ ਹੀ (ਜੀਵਾਂ ਦੇ ਅੰਦਰ) ਪਾ ਦਿੱਤਾ ਹੈ ।

ਪਰਮਾਤਮਾ ਜਿਸ ਜੀਵ ਉਤੇ ਮੇਹਰ ਕਰਦਾ ਹੈ ਉਸ ਨੂੰ ਗੁਰੂ ਦੀ ਸਰਨ ਪਾ ਕੇ (ਤਿੰਨਾਂ ਗੁਣਾਂ ਤੋਂ ਉਤਾਂਹ) ਚੌਥੀ ਅਵਸਥਾ ਵਿਚ ਅਪੜਾਂਦਾ ਹੈ ਤੇ (ਮਾਇਆ ਦੇ ਮੋਹ ਤੋਂ) ਮੁਕਤੀ ਦੇਂਦਾ ਹੈ ।੧੧।

ਪ੍ਰਭੂ ਦੇ ਨਿਰੋਲ ਆਪਣੇ ਆਪੇ ਤੋਂ ਹੀ (ਵਿਸ਼ਨੂ ਦੇ) ਦਸ ਅਵਤਾਰ ਪੈਦਾ ਹੋਏ । (ਨਿਰੋਲ ਆਪਣੇ ਆਪੇ ਤੋਂ ਹੀ ਪਰਮਾਤਮਾ ਨੇ) ਸ੍ਰਿਸ਼ਟੀ ਪੈਦਾ ਕਰ ਕੇ ਇਹ ਜਗਤ-ਖਿਲਾਰਾ ਖਿਲਾਰਿਆ । ਦੇਵਤੇ, ਦੈਂਤ, ਸ਼ਿਵ ਜੀ ਦੇ ਗਣ, (ਦੇਵਤਿਆਂ ਦੇ ਰਾਗੀ) ਗੰਧਰਬ—ਇਹ ਸਾਰੇ ਹੀ ਪਰਮਾਤਮਾ ਨੇ ਨਿਰੋਲ ਆਪਣੇ ਆਪੇ ਤੋਂ ਪੈਦਾ ਕੀਤੇ । ਸਭ ਜੀਵ ਧੁਰੋਂ ਪ੍ਰਭੂ ਦੇ ਹੁਕਮ ਵਿਚ ਹੀ ਆਪਣੇ ਕੀਤੇ ਕਰਮਾਂ ਦੇ ਲਿਖੇ ਸੰਸਕਾਰਾਂ ਅਨੁਸਾਰ ਕਰਮ ਕਮਾ ਰਹੇ ਹਨ ।੧੨।

ਜੇਹੜਾ ਮਨੁੱਖ ਗੁਰੂ ਦੀ ਸਰਨ ਪੈ ਕੇ (ਪਰਮਾਤਮਾ ਦੀ ਇਸ ਬੇਅੰਤ ਕਲਾ ਨੂੰ) ਸਮਝਦਾ ਹੈ (ਉਹ ਉਸ ਦੀ ਯਾਦ ਤੋਂ ਨਹੀਂ ਖੁੰਝਦਾ, ਤੇ) ਉਸ ਨੂੰ ਕੋਈ ਰੋਗ (ਵਿਕਾਰ) ਪੋਹ ਨਹੀਂ ਸਕਦਾ । ਪਰ ਕੋਈ ਵਿਰਲਾ ਬੰਦਾ ਗੁਰੂ ਦੀ ਦੱਸੀ ਹੋਈ ਇਸ (ਸਿਮਰਨ ਦੀ) ਪੌੜੀ (ਦਾ ਭੇਤ) ਸਮਝਦਾ ਹੈ । ਜੁਗਾਂ ਜੁਗਾਂ ਤੋਂ ਹੀ (ਗੁਰੂ ਦੀ ਇਹ ਪੌੜੀ ਜੀਵਾਂ ਦੀ) ਮੁਕਤੀ ਦਾ ਵਸੀਲਾ ਬਣੀ ਆ ਰਹੀ ਹੈ । (ਜੇਹੜਾ ਮਨੁੱਖ ਸਿਮਰਨ ਦੀ ਇਸ ਪੌੜੀ ਦਾ ਆਸਰਾ ਲੈਂਦਾ ਹੈ) ਉਹ ਵਿਕਾਰਾਂ ਤੋਂ ਖ਼ਲਾਸੀ ਹਾਸਲ ਕਰ ਲੈਂਦਾ ਹੈ ਤੇ ਪ੍ਰਭੂ ਦੀ ਦਰਗਾਹ ਵਿਚ ਇੱਜ਼ਤ ਪਾਂਦਾ ਹੈ ।੧੩।

ਪੰਜਾਂ ਤੱਤਾਂ ਤੋਂ ਬਣਿਆ ਇਹ ਮਾਨੁਖੀ ਸਰੀਰ ਨਿਰੋਲ ਪ੍ਰਭੂ ਦੇ ਆਪਣੇ ਆਪੇ ਤੋਂ ਹੀ ਪਰਗਟ ਹੋਇਆ । ਇਸ ਸਰੀਰ ਦੇ ਸੰਜੋਗ ਕਰਕੇ ਜੀਵ ਕਰਮਾਂ ਵਿਚ ਰੁੱਝ ਪੈਂਦਾ ਹੈ । ਪ੍ਰਭੂ ਦੇ ਹੁਕਮ ਅਨੁਸਾਰ ਹੀ ਜੀਵ ਦੇ ਕੀਤੇ ਚੰਗੇ ਤੇ ਮੰਦੇ ਕਰਮਾਂ ਦੇ ਸੰਸਕਾਰ ਉਸ ਦੇ ਮੱਥੇ ਤੇ ਲਿਖੇ ਜਾਂਦੇ ਹਨ, ਇਸ ਤਰ੍ਹਾਂ ਜੀਵ ਪਾਪ ਤੇ ਪੁੰਨ (ਦੇ ਬੀਜ) ਬੀਜਦਾ ਹੈ (ਤੇ ਉਹਨਾਂ ਦਾ ਫਲ ਭੋਗਦਾ ਹੈ) ।੧੪।

ਜੇਹੜੇ ਮਨੁੱਖ ਸਤਿਗੁਰੂ ਪੁਰਖ ਦੇ ਸ਼ਬਦ ਵਿਚ ਰੱਤੇ ਰਹਿੰਦੇ ਹਨ ਜੋ ਪ੍ਰਭੂ ਦੇ ਨਾਮ-ਰਸ ਵਿਚ ਮਸਤ ਰਹਿੰਦੇ ਹਨ, ਉਹ ਮਨੁੱਖ ਉੱਚੇ ਜੀਵਨ ਵਾਲੇ ਬਣ ਜਾਂਦੇ ਹਨ, ਉਹ ਮਾਇਆ ਦੇ ਪ੍ਰਭਾਵ ਤੋਂ ਨਿਰਲੇਪ ਰਹਿੰਦੇ ਹਨ ।

ਆਤਮਕ ਤਾਕਤਾਂ ਉੱਚੀ ਅਕਲ ਤੇ ਪਰਮਾਤਮਾ ਨਾਲ ਡੂੰਘੀ ਸਾਂਝ (ਦੀ ਦਾਤਿ) ਗੁਰੂ ਤੋਂ ਹੀ ਮਿਲਦੀ ਹੈ । ਚੰਗੇ ਭਾਗਾਂ ਨਾਲ ਗੁਰੂ (ਸਰਨ ਆਏ ਜੀਵ ਨੂੰ ਪ੍ਰਭੂ-ਚਰਨਾਂ ਵਿਚ) ਜੋੜ ਦੇਂਦਾ ਹੈ ।੧੫।

ਹੇ ਗਿਆਨਵਾਨ ਪੁਰਸ਼ੋ! ਇਸ ਮਨ ਨੂੰ ਮਾਇਆ ਦਾ ਬਹੁਤ ਮੋਹ ਚੰਬੜਿਆ ਰਹਿੰਦਾ ਹੈ; (ਇਸ ਦੇ ਰਾਜ਼ ਨੂੰ) ਸਮਝੋ ਤੇ ਇਸ ਮੋਹ ਨੂੰ ਖ਼ਤਮ ਕਰੋ । ਜੇਹੜਾ ਮਨੁੱਖ ਲੋਭ ਦੇ ਪ੍ਰਭਾਵ ਹੇਠ ਨਿੱਤ ਮਾਇਆ ਦੇ ਮੋਹ ਦਾ ਧੰਧਾ ਹੀ ਕਰਦਾ ਰਹਿੰਦਾ ਹੈ ਉਸ ਨੂੰ (ਦੁਨੀਆ ਦੀਆਂ) ਆਸਾਂ ਕਾਮਨਾਂ ਹਉਮੈ ਸਹਮ (ਆਦਿਕ) ਚੰਬੜੇ ਰਹਿੰਦੇ ਹਨ ।੧੬।

ਜੇਹੜਾ ਮਨੁੱਖ ਗੁਰੂ ਪਾਸੋਂ ਪਰਮਾਤਮਾ ਦੇ ਗੁਣਾਂ ਦੀ ਵਿਚਾਰ (ਦੀ ਦਾਤਿ) ਪ੍ਰਾਪਤ ਕਰ ਲੈਂਦਾ ਹੈ, ਉਹ ਉਸ ਸਦਾ-ਥਿਰ ਰਹਿਣ ਵਾਲੇ ਪ੍ਰਭੂ ਦੀ ਹਜ਼ੂਰੀ ਵਿਚ ਟਿਕਿਆ ਰਹਿੰਦਾ ਹੈ, ਉਸ ਦੇ ਚਰਨਾਂ ਵਿਚ ਸੁਰਤਿ ਜੋੜੀ ਰੱਖਦਾ ਹੈ । ਹੇ ਨਾਨਕ! ਉਸ ਮਨੁੱਖ ਦੇ ਅੰਦਰ ਸਦਾ-ਥਿਰ ਪ੍ਰਭੂ ਵੱਸਿਆ ਰਹਿੰਦਾ ਹੈ ਸਿਫ਼ਤਿ-ਸਾਲਾਹ ਦੀ ਰੌ ਬਣੀ ਰਹਿੰਦੀ ਹੈ ਜੀਵਨ ਨੂੰ ਪਵਿੱਤ੍ਰ ਕਰਨ ਵਾਲਾ ਰਾਗ (ਜਿਹਾ) ਹੁੰਦਾ ਰਹਿੰਦਾ ਹੈ । ਉਹ ਮਨੁੱਖ ਸਦਾ ਪਰਮਾਤਮਾ ਦੇ ਨਾਮ ਵਿਚ ਲੀਨ ਰਹਿੰਦਾ ਹੈ ।੧੭।੫।੧੭।

ਮਾਰੂ ਮਹਲਾ ੧ ॥ ਜਹ ਦੇਖਾ ਤਹ ਦੀਨ ਦਇਆਲਾ ॥ ਆਇ ਨ ਜਾਈ ਪ੍ਰਭੁ ਕਿਰਪਾਲਾ ॥ ਜੀਆ ਅੰਦਰਿ ਜੁਗਤਿ ਸਮਾਈ ਰਹਿਓ ਨਿਰਾਲਮੁ ਰਾਇਆ ॥੧॥ ਜਗੁ ਤਿਸ ਕੀ ਛਾਇਆ ਜਿਸੁ ਬਾਪੁ ਨ ਮਾਇਆ ॥ ਨਾ ਤਿਸੁ ਭੈਣ ਨ ਭਰਾਉ ਕਮਾਇਆ ॥ ਨਾ ਤਿਸੁ ਓਪਤਿ ਖਪਤਿ ਕੁਲ ਜਾਤੀ ਓਹੁ ਅਜਰਾਵਰੁ ਮਨਿ

ਭਾਇਆ ॥੨॥ ਤੂ ਅਕਾਲ ਪੁਰਖੁ ਨਾਹੀ ਸਿਰਿ ਕਾਲਾ ॥ ਤੂ ਪੁਰਖੁ ਅਲੇਖ ਅਗੰਮ ਨਿਰਾਲਾ ॥ ਸਤ ਸੰਤੋਖਿ ਸਬਦਿ ਅਤਿ ਸੀਤਲੁ ਸਹਜ ਭਾਇ ਲਿਵ ਲਾਇਆ ॥੩॥ ਤ੍ਰੈ ਵਰਤਾਇ ਚਉਥੈ ਘਰਿ ਵਾਸਾ ॥ ਕਾਲ ਬਿਕਾਲ ਕੀਏ ਇਕ ਗ੍ਰਾਸਾ ॥ ਨਿਰਮਲ ਜੋਤਿ ਸਰਬ ਜਗ ਜੀਵਨੁ ਗੁਰਿ ਅਨਹਦ ਸਬਦਿ ਦਿਖਾਇਆ ॥੪॥ ਊਤਮ ਜਨ ਸੰਤ ਭਲੇ ਹਰਿ ਪਿਆਰੇ ॥ ਹਰਿ ਰਸ ਮਾਤੇ ਪਾਰਿ ਉਤਾਰੇ ॥ ਨਾਨਕ ਰੇਣ ਸੰਤ ਜਨ ਸੰਗਤਿ ਹਰਿ ਗੁਰ ਪਰਸਾਦੀ ਪਾਇਆ ॥੫॥ ਤੂ ਅੰਤਰਜਾਮੀ ਜੀਅ ਸਭਿ ਤੇਰੇ ॥ ਤੂ ਦਾਤਾ ਹਮ ਸੇਵਕ ਤੇਰੇ ॥ ਅੰਮ੍ਰਿਤ ਨਾਮੁ ਕ੍ਰਿਪਾ ਕਰਿ ਦੀਜੈ ਗੁਰਿ ਗਿਆਨ ਰਤਨੁ ਦੀਪਾਇਆ ॥੬॥ ਪੰਚ ਤਤੁ ਮਿਲਿ ਇਹੁ ਤਨੁ ਕੀਆ ॥ ਆਤਮ ਰਾਮ ਪਾਏ ਸੁਖੁ ਥੀਆ ॥ ਕਰਮ ਕਰਤੂਤਿ ਅੰਮ੍ਰਿਤ ਫਲੁ ਲਾਗਾ ਹਰਿ ਨਾਮ ਰਤਨੁ ਮਨਿ ਪਾਇਆ ॥੭॥ ਨਾ ਤਿਸੁ ਭੂਖ ਪਿਆਸ ਮਨੁ ਮਾਨਿਆ ॥ ਸਰਬ ਨਿਰੰਜਨੁ ਘਟਿ ਘਟਿ ਜਾਨਿਆ ॥ ਅੰਮ੍ਰਿਤ ਰਸਿ ਰਾਤਾ ਕੇਵਲ ਬੈਰਾਗੀ ਗੁਰਮਤਿ ਭਾਇ ਸੁਭਾਇਆ ॥੮॥ ਅਧਿਆਤਮ ਕਰਮ ਕਰੇ ਦਿਨੁ ਰਾਤੀ ॥ ਨਿਰਮਲ ਜੋਤਿ ਨਿਰੰਤਰਿ ਜਾਤੀ ॥ ਸਬਦੁ ਰਸਾਲੁ ਰਸਨ ਰਸਿ ਰਸਨਾ ਬੇਣੁ ਰਸਾਲੁ ਵਜਾਇਆ ॥੯॥ ਬੇਣੁ ਰਸਾਲ ਵਜਾਵੈ ਸੋਈ ॥ ਜਾ ਕੀ ਤ੍ਰਿਭਵਣ ਸੋਝੀ ਹੋਈ ॥ ਨਾਨਕ ਬੂਝਹੁ ਇਹ ਬਿਧਿ ਗੁਰਮਤਿ ਹਰਿ ਰਾਮ ਨਾਮਿ ਲਿਵ ਲਾਇਆ ॥੧੦॥ ਐਸੇ ਜਨ ਵਿਰਲੇ ਸੰਸਾਰੇ ॥ ਗੁਰ ਸਬਦੁ ਵੀਚਾਰਹਿ ਰਹਹਿ ਨਿਰਾਰੇ ॥ ਆਪਿ ਤਰਹਿ ਸੰਗਤਿ ਕੁਲ ਤਾਰਹਿ ਤਿਨ ਸਫਲ ਜਨਮੁ ਜਗਿ ਆਇਆ ॥੧੧॥ ਘਰੁ ਦਰੁ ਮੰਦਰੁ ਜਾਣੈ ਸੋਈ ॥ ਜਿਸੁ ਪੂਰੇ ਗੁਰ ਤੇ ਸੋਝੀ ਹੋਈ ॥ ਕਾਇਆ ਗੜ ਮਹਲ ਮਹਲੀ ਪ੍ਰਭੁ ਸਾਚਾ ਸਚੁ ਸਾਚਾ ਤਖਤੁ ਰਚਾਇਆ ॥੧੨॥ ਚਤੁਰ ਦਸ ਹਾਟ ਦੀਵੇ ਦੁਇ ਸਾਖੀ ॥ ਸੇਵਕ ਪੰਚ ਨਾਹੀ ਬਿਖੁ ਚਾਖੀ ॥ ਅੰਤਰਿ ਵਸਤੁ ਅਨੂਪ ਨਿਰਮੋਲਕ ਗੁਰਿ ਮਿਲਿਐ ਹਰਿ ਧਨੁ ਪਾਇਆ ॥੧੩॥ ਤਖਤਿ ਬਹੈ ਤਖਤੈ ਕੀ ਲਾਇਕ ॥ ਪੰਚ ਸਮਾਏ ਗੁਰਮਤਿ ਪਾਇਕ ॥ ਆਦਿ ਜੁਗਾਦੀ ਹੈ ਭੀ ਹੋਸੀ ਸਹਸਾ ਭਰਮੁ ਚੁਕਾਇਆ ॥੧੪॥ ਤਖਤਿ ਸਲਾਮੁ ਹੋਵੈ ਦਿਨੁ ਰਾਤੀ ॥ ਇਹੁ ਸਾਚੁ ਵਡਾਈ ਗੁਰਮਤਿ ਲਿਵ ਜਾਤੀ ॥ ਨਾਨਕ ਰਾਮੁ ਜਪਹੁ ਤਰੁ ਤਾਰੀ ਹਰਿ ਅੰਤਿ ਸਖਾਈ ਪਾਇਆ ॥੧੫॥੧॥੧੮॥ {ਪੰਨਾ ੧੦੩੮-੧੦੩੯}

ਪਦ ਅਰਥ :—ਆਇ ਨ ਜਾਈ—ਨਾਹ ਜੰਮਦਾ ਹੈ ਨਾਹ ਮਰਦਾ ਹੈ । ਦੇਖਾ—ਮੈਂ ਵੇਖਦਾ ਹਾਂ । ਜੁਗਤਿ—ਜੀਵਨ ਦੀ ਜਾਚ । ਸਮਾਈ—ਟਿਕੀ ਹੋਈ ਹੈ । ਨਿਰਾਲਮੁ—{ਨਿਰਾਲੰਬ} ਜਿਸ ਨੂੰ ਕਿਸੇ ਆਸਰੇ ਦੀ ਲੋੜ ਨਹੀਂ । ਰਾਇਆ—ਰਾਜਾ, ਪਰਮਾਤਮਾ ।੧।

ਛਾਇਆ—ਪਰਛਾਵਾਂ, ਅਕਸ, ਪ੍ਰਤਿਬਿੰਬ । ਭਰਾਉ—ਭਰਾ, ਭਾਈ । ਕਮਾਇਆ—ਕਾਮਾ, ਨੌਕਰ । ਓਪਤਿ—ਜਨਮ । ਖਪਤਿ—ਨਾਸ । ਅਜਰਾਵਰੁ—{ਅਜਰ-ਅਵਰੁ} । ਅਜਰ—ਜਰਾ-ਰਹਿਤ, ਜਿਸ ਨੂੰ ਬੁਢੇਪਾ ਨਾਹ ਆ ਸਕੇ । ਅਵਰੁ—ਸ੍ਰੇਸ਼ਟ । ਮਨਿ—(ਜਗਤ ਦੇ ਜੀਵਾਂ ਦੇ) ਮਨ ਵਿਚ ।੨।

ਸਿਰਿ—ਸਿਰ ਉਤੇ । ਅਲੇਖ—ਜਿਸ ਦੀ ਤਸਵੀਰ ਨਾਹ ਬਣਾਈ ਜਾ ਸਕੇ । ਅਗੰਮ—ਅਪਹੁੰਚ । ਪੁਰਖੁ—ਸਭ ਜੀਵਾਂ ਵਿਚ ਵਿਆਪਕ । ਸਤ—ਦਾਨ, ਸੇਵਾ । ਸਤ ਸੰਤੋਖਿ—ਸੇਵਾ ਤੇ ਸੰਤੋਖ ਵਿਚ (ਰਹਿ ਕੇ) । ਸਬਦਿ—ਗੁਰੂ ਦੇ ਸ਼ਬਦ ਵਿਚ (ਜੁੜ ਕੇ) । ਸੀਤਲੁ—ਠੰਢਾ, ਸ਼ਾਂਤ । ਸਹਜ—ਆਤਮਕ ਅਡੋਲਤਾ । ਭਾਇ—ਭਾਵ ਨਾਲ । ਸਹਜ ਭਾਇ—ਆਤਮਕ ਅਡੋਲਤਾ ਦੇ ਭਾਵ ਨਾਲ, ਪੂਰਨ ਅਡੋਲ ਆਤਮਕ ਅਵਸਥਾ ਵਿਚ (ਟਿਕ ਕੇ) ।੩।

ਵਰਤਾਇ—ਵਰਤਾ ਕੇ, ਵੰਡ ਕੇ, ਪਸਾਰਾ ਪਸਾਰ ਕੇ । ਘਰਿ—ਘਰ ਵਿਚ । ਬਿਕਾਲ—{ਕਾਲ ਦੇ ਉਲਟ} ਜਨਮ । ਗ੍ਰਾਸਾ—ਗਿਰਾਹੀ । ਜਗ ਜੀਵਨੁ—ਜਗਤ ਦਾ ਜੀਵਨ ਪ੍ਰਭੂ । ਗੁਰਿ—ਗੁਰੂ ਨੇ । ਅਨਹਦ—ਇਕ-ਰਸ । ਸਬਦਿ—ਸ਼ਬਦ ਦੀ ਰਾਹੀਂ ।੪।

ਮਾਤੇ—ਮਸਤ । ਰੇਣ—ਚਰਨਾਂ ਦੀ ਧੂੜ ।੫।

ਸਭਿ—ਸਾਰੇ । ਗੁਰਿ—ਗੁਰੂ ਨੇ । ਦੀਪਾਇਆ—ਰੌਸ਼ਨ ਕੀਤਾ ।੬।

ਤਨੁ—ਸਰੀਰ । ਆਤਮ ਰਾਮ—ਸਰਬ-ਵਿਆਪਕ ਜੋਤਿ । ਅੰਮ੍ਰਿਤ ਫਲੁ—ਆਤਮਕ ਜੀਵਨ ਦੇਣ ਵਾਲਾ ਨਾਮ-ਫਲ ।੭।

ਭੁਖ ਪਿਆਸ—ਮਾਇਆ ਦੀ ਭੁੱਖ-ਤ੍ਰੇਹ । ਰਸਿ—ਸੁਆਦ ਵਿਚ । ਬੈਰਾਗੀ—ਵਿਰਕਤ । ਭਾਇ—ਪ੍ਰੇਮ ਵਿਚ । ਸੁਭਾਇਆ—ਸੋਹਣਾ ਲੱਗਣ ਲੱਗ ਪੈਂਦਾ ਹੈ ।੮।

ਅਧਿਆਤਮ—{ਅ⁄ ਯਿਾÄਮ—ਠਹਏ ਸ਼ੁਪਰੲਮੲ ਸ਼ਪਰਿਟਿ ੋਰ ਟਹੲ ਰੲਲੳਟੋਿਨ ਬੲਟਾੲੲਨ ਟਹੲ ਸ਼ੁਪਰੲਮੲ ੳਨਦ ਟਹੲ ਨਿਦਵਿਦਿੁੳਲ ਸੋੁਲ} ਜੀਵਾਤਮਾ ਤੇ ਪਰਮਾਤਮਾ ਦਾ ਪਰਸਪਰ ਡੂੰਘਾ ਸੰਬੰਧ ਬਣਾਣ ਵਾਲੇ । ਨਿਰੰਤਰਿ—{ਨਿਰ-ਅੰਤਰ—ਹੳਵਨਿਗ ਨੋ ਨਿਟੲਰਵੲਨਨਿਗ ਸਪੳਚੲ} ਇਕ-ਰਸ । ਰਸਾਲੁ—{ਰਸ-ਆਲਯ} ਰਸ ਦਾ ਘਰ, ਆਤਮਕ ਆਨੰਦ ਦੇਣ ਵਾਲਾ । ਰਸਨ ਰਸਿ—ਰਸਾਂ ਦੇ ਰਸ ਵਿਚ, ਮਹਾ ਸ੍ਰੇਸ਼ਟ ਰਸ ਵਿਚ । ਰਸਨਾ—ਜੀਭ । ਬੇਣੁ—ਬੰਸਰੀ ।੯।

ਤ੍ਰਿਭਵਣ ਸੋਝੀ—ਤਿੰਨ ਭਵਨਾਂ ਵਿਚ ਵਿਆਪਕ ਪ੍ਰਭੂ ਦੀ ਸੂਝ । ਗੁਰਮਤਿ—ਗੁਰੂ ਦੀ ਮਤਿ ਦੀ ਰਾਹੀਂ ।੧੦।

ਨਿਰਾਰੇ—ਨਿਰਲੇਪ । ਜਗਿ—ਜਗਤ ਵਿਚ ।੧੧।

ਗੁਰ ਤੇ—ਗੁਰੂ ਤੋਂ, ਗੁਰੂ ਪਾਸੋਂ । ਮਹਲ ਮਹਲੀ—ਮਹਲ ਦਾ ਮਾਲਕ । ਸਚੁ—ਸਦਾ-ਥਿਰ ਰਹਿਣ ਵਾਲਾ ।੧੨।

ਚਤੁਰ ਦਸ ਹਟ—ਚੌਦਾਂ ਭਵਨ-ਰੂਪ ਹੱਟ । ਦੀਵੇ ਦੁਇ—ਸੂਰਜ ਤੇ ਚੰਦ੍ਰਮਾ । ਸਾਖੀ—ਗਵਾਹ । ਬਿਖੁ—ਜ਼ਹਰ, ਆਤਮਕ ਮੌਤ ਲਿਆਉਣ ਵਾਲੀ ਮਾਇਆ । ਵਸਤੁ ਅਨੂਪ—ਉਹ ਚੀਜ਼ ਜਿਸ ਵਰਗੀ ਹੋਰ ਕੋਈ ਨਹੀਂ । ਗੁਰਿ ਮਿਲਿਐ—ਜੇ ਗੁਰੂ ਮਿਲ ਪਏ ।੧੩।

ਤਖਤਿ—ਤਖਤ ਉਤੇ, ਹਿਰਦੇ-ਤਖ਼ਤ ਉਤੇ । ਲਾਇਕ—ਯੋਗ, ਹੱਕਦਾਰ । ਪੰਚ—ਪੰਜੇ ਕਾਮਾਦਿਕ । ਪਾਇਕ—ਸੇਵਕ । ਸਹਸਾ—ਸਹਮ । ਭਰਮੁ—ਭਟਕਣਾ ।੪।

ਲਿਵ ਜਾਤੀ—ਲਿਵ ਨਾਲ ਸਾਂਝ ਪਾ ਲਈ । ਤਰੁ ਤਾਰੀ—ਤਾਰੀ ਤਰੋ, ਸੰਸਾਰ-ਸਮੁੰਦਰ ਤੋਂ ਪਾਰ ਲੰਘਣ ਦਾ ਜਤਨ ਕਰੋ । ਸਖਾਈ—ਮਦਦਗਾਰ ।੧੫।

ਅਰਥ :—ਮੈਂ ਜਿਧਰ ਵੇਖਦਾ ਹਾਂ ਉਧਰ ਹੀ ਮੈਨੂੰ ਦੀਨਾਂ ਉਤੇ ਦਇਆ ਕਰਨ ਵਾਲਾ ਪਰਮਾਤਮਾ ਦਿੱਸਦਾ ਹੈ । ਉਹ ਕਿਰਪਾ ਦਾ ਸੋਮਾ ਪ੍ਰਭੂ ਨਾਹ ਜੰਮਦਾ ਹੈ

ਨਾਹ ਮਰਦਾ ਹੈ । ਸਭ ਜੀਵਾਂ ਦੇ ਅੰਦਰ (ਉਸੇ ਦੀ ਸਿਖਾਈ ਹੋਈ) ਜੀਵਨ-ਜਾਚ ਗੁਪਤ ਵਰਤ ਰਹੀ ਹੈ (ਭਾਵ, ਹਰੇਕ ਜੀਵ ਉਸੇ ਪਰਮਾਤਮਾ ਦੇ ਆਸਰੇ ਜਿਉ ਰਿਹਾ ਹੈ, ਪਰ) ਉਹ ਪਾਤਿਸ਼ਾਹ ਆਪ ਹੋਰ ਆਸਰਿਆਂ ਤੋਂ ਬੇ-ਮੁਥਾਜ ਰਹਿੰਦਾ ਹੈ ।੧।

(ਅਸਲ ਸਦਾ ਟਿਕੀ ਰਹਿਣ ਵਾਲੀ ਹਸਤੀ ਤਾਂ ਪਰਮਾਤਮਾ ਆਪ ਹੈ) ਜਗਤ ਉਸ ਪਰਮਾਤਮਾ ਦਾ ਪਰਛਾਵਾਂ ਹੈ (ਜਦੋਂ ਚਾਹੇ ਆਪਣੇ ਇਸ ਪਰਛਾਵੇਂ ਨੂੰ ਆਪਣੇ ਆਪ ਵਿਚ ਹੀ ਗੁੰਮ ਕਰ ਲੈਂਦਾ ਹੈ) । ਉਹ ਪਰਮਾਤਮਾ ਦਾ ਨਾਹ ਕੋਈ ਪਿਉ ਨਾਹ ਮਾਂ, ਨਾਹ ਕੋਈ ਭੈਣ ਨਾਹ ਭਾਈ ਤੇ ਨਾਹ ਕੋਈ ਸੇਵਕ । ਨਾਹ ਉਸ ਨੂੰ ਜਨਮ ਤੇ ਨਾਹ ਮੌਤ, ਨਾਹ ਉਸ ਦੀ ਕੋਈ ਕੁਲ ਤੇ ਨਾਹ ਜਾਤਿ । ਉਸ ਨੂੰ ਬੁਢੇਪਾ ਨਹੀਂ ਵਿਆਪ ਸਕਦਾ, ਉਹ ਮਹਾਨ ਸ੍ਰੇਸ਼ਟ ਹਸਤੀ ਹੈ (ਜਗਤ ਦੇ ਸਭ ਜੀਵਾਂ ਦੇ) ਮਨ ਵਿਚ ਉਹੀ ਪਿਆਰਾ ਲੱਗਦਾ ਹੈ ।੨।

ਹੇ ਪ੍ਰਭੂ! ਤੂੰ ਸਭ ਜੀਵਾਂ ਵਿਚ ਵਿਆਪਕ ਹੋ ਕੇ ਭੀ ਮੌਤ-ਰਹਿਤ ਹੈਂ, ਤੇਰੇ ਸਿਰ ਉਤੇ ਮੌਤ ਸਵਾਰ ਨਹੀਂ ਹੋ ਸਕਦੀ । ਤੂੰ ਸਰਬ-ਵਿਆਪਕ ਹੈਂ । ਜਿਸ ਮਨੁੱਖ ਨੇ ਸੇਵਾ ਸੰਤੋਖ (ਵਾਲੇ ਜੀਵਨ) ਵਿਚ (ਰਹਿ ਕੇ) ਗੁਰੂ ਦੇ ਸ਼ਬਦ (ਜੁੜ ਕੇ) ਪੂਰਨ ਅਡੋਲ ਆਤਮਕ ਅਵਸਥਾ ਵਿਚ (ਟਿਕ ਕੇ) ਤੇਰੇ ਚਰਨਾਂ ਵਿਚ ਸੁਰਤਿ ਜੋੜੀ ਹੈ ਉਸ ਦਾ ਹਿਰਦਾ ਠੰਡਾ-ਠਾਰ ਹੋ ਜਾਂਦਾ ਹੈ ।੩।

ਮਾਇਆ ਦੇ ਤਿੰਨ ਗੁਣਾਂ ਦਾ ਪਸਾਰਾ ਪਸਾਰ ਕੇ ਪਰਮਾਤਮਾ ਆਪ (ਇਹਨਾਂ ਤੋਂ ਉਤਾਂਹ) ਚੌਥੇ ਘਰ ਵਿਚ ਟਿਕਿਆ ਰਹਿੰਦਾ ਹੈ (ਜਿਥੇ ਤਿੰਨ ਗੁਣਾਂ ਦੀ ਪਹੁੰਚ ਨਹੀਂ ਹੋ ਸਕਦੀ) । ਜਨਮ ਤੇ ਮਰਨ ਉਸ ਨੇ ਇਕ ਗਿਰਾਹੀ ਕਰ ਲਏ ਹੋਏ ਹਨ (ਉਸ ਨੂੰ ਨਾਹ ਜਨਮ ਹੈ ਨਾਹ ਮੌਤ) । ਸਾਰੇ ਜੀਵਾਂ ਵਿਚ ਪਰਮਾਤਮਾ ਦੀ ਪਵਿੱਤ੍ਰ ਜੋਤਿ (ਚਾਨਣ ਕਰ ਰਹੀ ਹੈ), ਉਹ ਜਗਤ ਦੀ ਜ਼ਿੰਦਗੀ ਦਾ ਸਹਾਰਾ ਹੈ । ਜਿਸ ਮਨੁੱਖ ਨੂੰ ਗੁਰੂ ਨੇ ਇਕ-ਰਸ ਆਪਣੇ ਸ਼ਬਦ ਵਿਚ ਜੋੜਿਆ ਹੈ ਉਸ ਨੂੰ ਉਸ (ਜਗਜੀਵਨ) ਦਾ ਦੀਦਾਰ ਕਰਾ ਦਿੱਤਾ ਹੈ ।੪।

ਜੇਹੜੇ ਬੰਦੇ ਪਰਮਾਤਮਾ ਦੇ ਪਿਆਰੇ ਹਨ ਉਹ ਸ੍ਰੇਸ਼ਟ ਜੀਵਨ ਵਾਲੇ ਹਨ ਉਹ ਸੰਤ ਹਨ ਉਹ ਭਲੇ ਹਨ, ਉਹ ਪਰਮਾਤਮਾ ਦੇ ਨਾਮ-ਰਸ ਵਿਚ ਮਸਤ ਰਹਿੰਦੇ ਹਨ, ਪਰਮਾਤਮਾ ਉਹਨਾਂ ਨੂੰ ਸੰਸਾਰ-ਸਮੁੰਦਰ ਤੋਂ ਪਾਰ ਲੰਘਾ ਲੈਂਦਾ ਹੈ । ਹੇ ਨਾਨਕ! ਉਹਨਾਂ ਸੰਤ ਜਨਾਂ ਦੀ ਸੰਗਤਿ ਕਰ ਉਹਨਾਂ ਦੇ ਚਰਨਾਂ ਦੀ ਧੂੜ ਲੈ, ਉਹਨਾਂ ਨੇ ਗੁਰੂ ਦੀ ਕਿਰਪਾ ਨਾਲ ਪਰਮਾਤਮਾ ਨੂੰ ਲੱਭ ਲਿਆ ਹੈ ।੫।

ਹੇ ਪ੍ਰਭੂ! ਸਾਰੇ ਜੀਵ ਤੇਰੇ (ਹੀ ਪੈਦਾ ਕੀਤੇ ਹੋਏ) ਹਨ, ਤੂੰ ਸਭ ਦੇ ਦਿਲ ਦੀ ਜਾਣਨ ਵਾਲਾ ਹੈਂ । ਹੇ ਪ੍ਰਭੂ! ਅਸੀ ਜੀਵ ਤੇਰੇ ਦਰ ਦੇ ਸੇਵਕ ਹਾਂ, ਤੂੰ ਸਾਨੂੰ ਸਭਨਾਂ ਨੂੰ ਦਾਤਾਂ ਦੇਣ ਵਾਲਾ ਹੈਂ । ਕਿਰਪਾ ਕਰ ਕੇ ਸਾਨੂੰ ਆਤਮਕ ਜੀਵਨ ਦੇਣ ਵਾਲਾ ਆਪਣਾ ਨਾਮ ਦੇਹ । (ਜਿਸ ਉਤੇ ਤੂੰ ਕਿਰਪਾ ਕਰਦਾ ਹੈਂ) ਗੁਰੂ ਨੇ ਉਸ ਦੇ ਅੰਦਰ ਤੇਰੇ ਗਿਆਨ ਦਾ ਰਤਨ ਰੌਸ਼ਨ ਕਰ ਦਿੱਤਾ ਹੈ ।੬।

(ਸਰਬ-ਵਿਆਪਕ ਪਰਮਾਤਮਾ ਦੀ ਰਜ਼ਾ ਵਿਚ) ਪੰਜਾਂ ਤੱਤਾਂ ਨੇ ਮਿਲ ਕੇ ਇਹ (ਮਨੁੱਖਾ) ਸਰੀਰ ਬਣਾਇਆ, ਜਿਸ ਮਨੁੱਖ ਨੇ ਉਸ ਸਰਬ-ਵਿਆਪਕ ਪ੍ਰਭੂ ਨੂੰ ਲੱਭ ਲਿਆ ਉਸ ਦੇ ਅੰਦਰ ਆਤਮਕ ਆਨੰਦ ਬਣ ਗਿਆ । (ਪਰਮਾਤਮਾ ਨਾਲ ਸੰਬੰਧ ਬਣਾਣ ਵਾਲੇ ਉਸ ਦੇ) ਕੰਮਾਂ ਨੂੰ ਉਸ ਦੇ ਉੱਦਮ ਨੂੰ ਉਹ ਨਾਮ-ਫਲ ਲੱਗਾ ਜਿਸ ਨੇ ਉਸ ਨੂੰ ਆਤਮਕ ਜੀਵਨ ਬਖ਼ਸ਼ਿਆ, ਉਸ ਨੇ ਆਪਣੇ ਮਨ ਵਿਚ ਹੀ ਪਰਮਾਤਮਾ ਦਾ ਨਾਮ-ਰਤਨ ਲੱਭ ਲਿਆ ।੭।

ਜਿਸ ਮਨੁੱਖ ਦਾ ਮਨ (ਪਰਮਾਤਮਾ ਦੀ ਯਾਦ ਵਿਚ) ਗਿੱਝ ਜਾਂਦਾ ਹੈ ਉਸ ਨੂੰ ਮਾਇਆ ਦੀ ਭੁੱਖ-ਤ੍ਰੇਹ ਨਹੀਂ ਰਹਿੰਦੀ, ਉਹ ਨਿਰੰਜਨ ਨੂੰ ਸਭ ਥਾਂ ਹਰੇਕ ਘਟ ਵਿਚ ਪਛਾਣ ਲੈਂਦਾ ਹੈ । ਉਹ ਆਤਮਕ ਜੀਵਨ ਦੇਣ ਵਾਲੇ ਸਿਰਫ਼ ਨਾਮ-ਰਸ ਵਿਚ ਹੀ ਮਸਤ ਰਹਿੰਦਾ ਹੈ, ਦੁਨੀਆ ਦੇ ਰਸਾਂ ਤੋਂ ਉਪਰਾਮ ਰਹਿੰਦਾ ਹੈ । ਗੁਰੂ ਦੀ ਮਤਿ ਦੀ ਰਾਹੀਂ ਪਰਮਾਤਮਾ ਦੇ ਪ੍ਰੇਮ ਵਿਚ ਜੁੜ ਕੇ ਉਸ ਦਾ ਆਤਮਕ ਜੀਵਨ ਸੋਹਣਾ ਲੱਗਣ ਲੱਗ ਪੈਂਦਾ ਹੈ ।੮।

ਉਹ ਮਨੁੱਖ ਦਿਨ ਰਾਤ ਉਹੀ ਕਰਮ ਕਰਦਾ ਹੈ ਜੋ ਉਸ ਦੀ ਜਿੰਦ ਨੂੰ ਪਰਮਾਤਮਾ ਨਾਲ ਜੋੜੀ ਰੱਖਦੇ ਹਨ, ਉਹ ਪਰਮਾਤਮਾ ਦੀ ਪਵਿਤ੍ਰ ਜੋਤਿ ਨੂੰ ਹਰ ਥਾਂ ਇਕ-ਰਸ ਵਿਆਪਕ ਪਛਾਣ ਲੈਂਦਾ ਹੈ । ਸਭ ਰਸਾਂ ਦੇ ਸੋਮੇ ਗੁਰ-ਸ਼ਬਦ ਨੂੰ (ਉਹ ਆਪਣੇ ਹਿਰਦੇ ਵਿਚ ਵਸਾਂਦਾ ਹੈ) । ਉਸ ਦੀ ਜੀਭ ਮਹਾਨ ਸ੍ਰੇਸ਼ਟ ਨਾਮ-ਰਸ ਵਿਚ (ਰਸੀ ਰਹਿੰਦੀ ਹੈ । ਉਹ (ਆਪਣੇ ਅੰਦਰ ਆਤਮਕ ਆਨੰਦ ਦੀ, ਮਾਨੋ,) ਇਕ ਰਸੀਲੀ ਬੰਸਰੀ ਵਜਾਂਦਾ ਹੈ ।੯।

ਪਰ ਇਹ ਰਸੀਲੀ ਬੰਸਰੀ ਉਹੀ ਮਨੁੱਖ ਵਜਾ ਸਕਦਾ ਹੈ ਜਿਸ ਨੂੰ ਤਿੰਨਾਂ ਭਵਨਾਂ ਵਿਚ ਵਿਆਪਕ ਪਰਮਾਤਮਾ ਦੀ ਸੂਝ ਪੈ ਜਾਂਦੀ ਹੈ । ਹੇ ਨਾਨਕ! ਤੂੰ ਭੀ ਗੁਰੂ ਦੀ ਮਤਿ ਲੈ ਕੇ ਇਹ ਜਾਚ ਸਿੱਖ ਲੈ । ਜਿਸ ਕਿਸੇ ਨੇ ਗੁਰੂ ਦੀ ਮਤਿ ਲਈ ਹੈ ਉਸ ਦੀ ਸੁਰਤਿ ਪਰਮਾਤਮਾ ਦੇ ਨਾਮ ਵਿਚ ਜੁੜੀ ਰਹਿੰਦੀ ਹੈ ।੧੦।

ਜਗਤ ਵਿਚ ਅਜੇਹੇ ਬੰਦੇ ਬਹੁਤ ਥੋੜੇ ਹਨ ਜੋ ਗੁਰੂ ਦੇ ਸ਼ਬਦ ਨੂੰ ਆਪਣੀ ਸੁਰਤਿ ਵਿਚ ਟਿਕਾਂਦੇ ਹਨ ਤੇ (ਦੁਨੀਆ ਵਿਚ ਵਿਚਰਦੇ ਹੋਏ ਭੀ ਮਾਇਆ ਦੇ ਮੋਹ ਤੋਂ) ਨਿਰਲੇਪ ਰਹਿੰਦੇ ਹਨ । ਉਹ ਸੰਸਾਰ-ਸਮੁੰਦਰ ਤੋਂ ਆਪ ਪਾਰ ਲੰਘ ਜਾਂਦੇ ਹਨ, ਆਪਣੀਆਂ ਕੁਲਾਂ ਨੂੰ ਤੇ ਉਹਨਾਂ ਨੂੰ ਭੀ ਪਾਰ ਲੰਘਾ ਲੈਂਦੇ ਹਨ ਜੋ ਉਹਨਾਂ ਦੀ ਸੰਗਤਿ ਕਰਦੇ ਹਨ । ਜਗਤ ਵਿਚ ਅਜੇਹੇ ਬੰਦਿਆਂ ਦਾ ਆਉਣਾ ਲਾਹੇਵੰਦਾ ਹੈ ।੧੧।

ਉਹੀ ਬੰਦਾ ਪਰਮਾਤਮਾ ਦਾ ਘਰ ਪਰਮਾਤਮਾ ਦਾ ਦਰ ਪਰਮਾਤਮਾ ਦਾ ਮਹਲ ਪਛਾਣ ਲੈਂਦਾ ਹੈ ਜਿਸ ਨੂੰ ਪੂਰੇ ਗੁਰੂ ਤੋਂ (ਉੱਚੀ) ਸਮਝ ਮਿਲਦੀ ਹੈ । ਉਸ ਨੂੰ ਸਮਝ ਆ ਜਾਂਦੀ ਹੈ ਕਿ ਇਹ ਸਰੀਰ ਪਰਮਾਤਮਾ ਦੇ ਕਿਲ੍ਹੇ ਹਨ ਮਹਲ ਹਨ । ਉਹ ਮਹਲਾਂ ਦਾ ਮਾਲਕ ਪ੍ਰਭੂ ਸਦਾ ਹੀ ਥਿਰ ਰਹਿਣ ਵਾਲਾ ਹੈ (ਮਨੁੱਖਾ ਸਰੀਰ) ਉਸ ਨੇ ਆਪਣੇ ਬੈਠਣ ਲਈ ਤਖ਼ਤ ਬਣਾਇਆ ਹੋਇਆ ਹੈ ।੧੨।

ਇਹ ਬੇ-ਮਿਸਾਲ ਤੇ ਅਮੋਲਕ ਨਾਮ-ਧਨ ਹਰੇਕ ਸਰੀਰ-ਮਹਲ ਦੇ ਅੰਦਰ ਮੌਜੂਦ ਹੈ । ਜੇ ਗੁਰੂ ਮਿਲ ਪਏ ਤਾਂ ਅੰਦਰੋਂ ਹੀ ਇਹ ਧਨ ਲੱਭ ਪੈਂਦਾ ਹੈ । (ਜਿਨ੍ਹਾਂ ਨੂੰ ਇਹ ਨਾਮ-ਧਨ ਮਿਲ ਪੈਂਦਾ ਹੈ ਉਹ ਪ੍ਰਭੂ ਦੇ ਮੰਨੇ-ਪ੍ਰਮੰਨੇ ਸੇਵਕ ਅਖਵਾਂਦੇ ਹਨ) ਉਹ ਮੰਨੇ-ਪ੍ਰਮੰਨੇ ਸੇਵਕ (ਫਿਰ) ਉਸ ਮਾਇਆ-ਜ਼ਹਰ ਨੂੰ ਨਹੀਂ ਚੱਖਦੇ ਜੋ ਆਤਮਕ ਮੌਤ ਲਿਆਉਂਦੀ ਹੈ (ਉਹ ਅਟੱਲ ਆਤਮਕ ਜੀਵਨ ਦੇ ਮਾਲਕ ਬਣ ਜਾਂਦੇ ਹਨ) ਚੌਦਾਂ ਤਬਕ ਤੇ ਸੂਰਜ ਚੰਦ ਇਸ ਗੱਲ ਦੇ ਗਵਾਹ ਹਨ ।੧੩।

ਜੇਹੜਾ ਮਨੁੱਖ ਗੁਰੂ ਦੀ ਮਤਿ ਤੇ ਤੁਰਦਾ ਹੈ ਉਸ ਦੇ ਪੰਜੇ ਗਿਆਨ-ਇੰਦ੍ਰੇ ਉਸ ਦੇ ਸੇਵਕ ਬਣ ਕੇ ਉਸ ਦੇ ਵੱਸ ਵਿਚ ਰਹਿੰਦੇ ਹਨ, ਉਹ ਹਿਰਦੇ-ਤਖ਼ਤ ਉਤੇ

ਬੈਠਣ-ਜੋਗਾ ਹੋ ਜਾਂਦਾ ਹੈ ਤੇ ਹਿਰਦੇ-ਤਖ਼ਤ ਉਤੇ ਬੈਠਾ ਰਹਿੰਦਾ ਹੈ (ਭਾਵ, ਨਾਹ ਉਸ ਦੇ ਗਿਆਨ-ਇੰਦ੍ਰੇ ਮਾਇਆ ਵਲ ਡੋਲਦੇ ਹਨ ਅਤੇ ਨਾਹ ਹੀ ਉਸ ਦਾ ਮਨ ਵਿਕਾਰਾਂ ਵਲ ਜਾਂਦਾ ਹੈ) । ਜੇਹੜਾ ਪਰਮਾਤਮਾ ਸ੍ਰਿਸ਼ਟੀ ਦੇ ਮੁੱਢ ਤੋਂ ਪਹਿਲਾਂ ਦਾ ਹੈ ਜੁਗਾਂ ਦੇ ਆਦਿ ਤੋਂ ਹੈ, ਹੁਣ ਭੀ ਮੌਜੂਦ ਹੈ ਤੇ ਸਦਾ ਲਈ ਕਾਇਮ ਰਹੇਗਾ ਉਹ ਪਰਮਾਤਮਾ ਗੁਰੂ ਦੀ ਮਤਿ ਤੇ ਤੁਰਨ ਵਾਲੇ ਮਨੁੱਖ ਦੇ ਅੰਦਰ ਪਰਗਟ ਹੋ ਕੇ ਉਸ ਦਾ ਸਹਮ ਤੇ ਉਸ ਦੀ ਭਟਕਣਾ ਦੂਰ ਕਰ ਦੇਂਦਾ ਹੈ ।੧੪।

ਹਿਰਦੇ-ਤਖ਼ਤ ਉਤੇ ਬੈਠੇ ਮਨੁੱਖ ਨੂੰ ਦਿਨ ਰਾਤ ਆਦਰ ਮਿਲਦਾ ਹੈ । ਜਿਸ ਮਨੁੱਖ ਨੇ ਗੁਰੂ ਦੀ ਮਤਿ ਤੇ ਤੁਰ ਕੇ ਪਰਮਾਤਮਾ ਦੇ ਚਰਨਾਂ ਨਾਲ ਲਿਵ ਦੀ ਸਾਂਝ ਪਾ ਲਈ ਉਸ ਨੂੰ ਇਹ ਆਦਰ ਸਦਾ ਲਈ ਮਿਲਿਆ ਰਹਿੰਦਾ ਹੈ ਇਹ ਇੱਜ਼ਤ ਸਦਾ ਮਿਲੀ ਰਹਿੰਦੀ ਹੈ ।

ਹੇ ਨਾਨਕ! (ਆਖ—ਹੇ ਭਾਈ!) ਪਰਮਾਤਮਾ ਦਾ ਨਾਮ ਜਪੋ । (ਸੰਸਾਰ-ਸਮੁੰਦਰ ਤੋਂ ਪਾਰ ਲੰਘਣ ਲਈ ਸਿਮਰਨ ਦੀ) ਤਾਰੀ ਤਰੋ । ਜੇਹੜਾ ਮਨੁੱਖ ਸਿਮਰਨ ਕਰਦਾ ਹੈ ਉਹ ਉਸ ਹਰੀ ਨੂੰ ਮਿਲ ਪੈਂਦਾ ਹੈ ਜੋ ਆਖ਼ੀਰ ਤਕ ਸਾਥੀ ਬਣਿਆ ਰਹਿੰਦਾ ਹੈ ।੧੫।੧।੧੮।

ਮਾਰੂ ਮਹਲਾ ੧ ॥ ਹਰਿ ਧਨੁ ਸੰਚਹੁ ਰੇ ਜਨ ਭਾਈ ॥ ਸਤਿਗੁਰ ਸੇਵਿ ਰਹਹੁ ਸਰਣਾਈ ॥ ਤਸਕਰੁ ਚੋਰੁ ਨ ਲਾਗੈ ਤਾ ਕਉ ਧੁਨਿ ਉਪਜੈ ਸਬਦਿ ਜਗਾਇਆ ॥੧॥ ਤੂ ਏਕੰਕਾਰੁ ਨਿਰਾਲਮੁ ਰਾਜਾ ॥ ਤੂ ਆਪਿ ਸਵਾਰਹਿ ਜਨ ਕੇ ਕਾਜਾ ॥ ਅਮਰੁ ਅਡੋਲੁ ਅਪਾਰੁ ਅਮੋਲਕੁ ਹਰਿ ਅਸਥਿਰ ਥਾਨਿ ਸੁਹਾਇਆ ॥੨॥ ਦੇਹੀ ਨਗਰੀ ਊਤਮ ਥਾਨਾ ॥ ਪੰਚ ਲੋਕ ਵਸਹਿ ਪਰਧਾਨਾ ॥ ਊਪਰਿ ਏਕੰਕਾਰੁ ਨਿਰਾਲਮੁ ਸੁੰਨ ਸਮਾਧਿ ਲਗਾਇਆ ॥੩॥ ਦੇਹੀ ਨਗਰੀ ਨਉ ਦਰਵਾਜੇ ॥ ਸਿਰਿ ਸਿਰਿ ਕਰਣੈਹਾਰੈ ਸਾਜੇ ॥ ਦਸਵੈ ਪੁਰਖੁ ਅਤੀਤੁ ਨਿਰਾਲਾ ਆਪੇ ਅਲਖੁ ਲਖਾਇਆ ॥੪॥ ਪੁਰਖੁ ਅਲੇਖੁ ਸਚੇ ਦੀਵਾਨਾ ॥ ਹੁਕਮਿ ਚਲਾਏ ਸਚੁ ਨੀਸਾਨਾ ॥ ਨਾਨਕ ਖੋਜਿ ਲਹਹੁ ਘਰੁ ਅਪਨਾ ਹਰਿ ਆਤਮ ਰਾਮ ਨਾਮੁ ਪਾਇਆ ॥੫॥ ਸਰਬ ਨਿਰੰਜਨ ਪੁਰਖੁ ਸੁਜਾਨਾ ॥ ਅਦਲੁ ਕਰੇ ਗੁਰ ਗਿਆਨ ਸਮਾਨਾ ॥ ਕਾਮੁ ਕ੍ਰੋਧੁ ਲੈ ਗਰਦਨਿ ਮਾਰੇ ਹਉਮੈ ਲੋਭੁ ਚੁਕਾਇਆ ॥੬॥ ਸਚੈ ਥਾਨਿ ਵਸੈ ਨਿਰੰਕਾਰਾ ॥ ਆਪਿ ਪਛਾਣੈ ਸਬਦੁ ਵੀਚਾਰਾ ॥ ਸਚੈ ਮਹਲਿ ਨਿਵਾਸੁ ਨਿਰੰਤਰਿ ਆਵਣ ਜਾਣੁ ਚੁਕਾਇਆ ॥੭॥ ਨਾ ਮਨੁ ਚਲੈ ਨ ਪਉਣੁ ਉਡਾਵੈ ॥ ਜੋਗੀ ਸਬਦੁ ਅਨਾਹਦੁ ਵਾਵੈ ॥ ਪੰਚ ਸਬਦ ਝੁਣਕਾਰੁ ਨਿਰਾਲਮੁ ਪ੍ਰਭਿ ਆਪੇ ਵਾਇ ਸੁਣਾਇਆ ॥੮॥ ਭਉ ਬੈਰਾਗਾ ਸਹਜਿ ਸਮਾਤਾ ॥ ਹਉਮੈ ਤਿਆਗੀ ਅਨਹਦਿ ਰਾਤਾ ॥ ਅੰਜਨੁ ਸਾਰਿ ਨਿਰੰਜਨੁ ਜਾਣੈ ਸਰਬ ਨਿਰੰਜਨੁ ਰਾਇਆ ॥੯॥ ਦੁਖ ਭੈ ਭੰਜਨੁ ਪ੍ਰਭੁ ਅਬਿਨਾਸੀ ॥ ਰੋਗ ਕਟੇ ਕਾਟੀ ਜਮ ਫਾਸੀ ॥ ਨਾਨਕ ਹਰਿ ਪ੍ਰਭੁ ਸੋ ਭਉ ਭੰਜਨੁ ਗੁਰਿ ਮਿਲਿਐ ਹਰਿ ਪ੍ਰਭੁ ਪਾਇਆ ॥੧੦॥ ਕਾਲੈ ਕਵਲੁ ਨਿਰੰਜਨੁ ਜਾਣੈ ॥ ਬੂਝੈ ਕਰਮੁ ਸੁ ਸਬਦੁ ਪਛਾਣੈ ॥ ਆਪੇ ਜਾਣੈ ਆਪਿ ਪਛਾਣੈ ਸਭੁ ਤਿਸ ਕਾ ਚੋਜੁ ਸਬਾਇਆ ॥੧੧॥ ਆਪੇ ਸਾਹੁ ਆਪੇ ਵਣਜਾਰਾ ॥ ਆਪੇ ਪਰਖੇ ਪਰਖਣਹਾਰਾ ॥ ਆਪੇ ਕਸਿ ਕਸਵਟੀ ਲਾਏ ਆਪੇ ਕੀਮਤਿ ਪਾਇਆ ॥੧੨॥ ਆਪਿ ਦਇਆਲਿ ਦਇਆ ਪ੍ਰਭਿ ਧਾਰੀ ॥ ਘਟਿ ਘਟਿ ਰਵਿ ਰਹਿਆ ਬਨਵਾਰੀ ॥ ਪੁਰਖੁ ਅਤੀਤੁ ਵਸੈ ਨਿਹਕੇਵਲੁ ਗੁਰ ਪੁਰਖੈ ਪੁਰਖੁ ਮਿਲਾਇਆ ॥੧੩॥ ਪ੍ਰਭੁ ਦਾਨਾ ਬੀਨਾ ਗਰਬੁ ਗਵਾਏ ॥ ਦੂਜਾ ਮੇਟੈ ਏਕੁ ਦਿਖਾਏ ॥ ਆਸਾ ਮਾਹਿ ਨਿਰਾਲਮੁ ਜੋਨੀ ਅਕੁਲ ਨਿਰੰਜਨੁ ਗਾਇਆ ॥੧੪॥ ਹਉਮੈ ਮੇਟਿ ਸਬਦਿ ਸੁਖੁ ਹੋਈ ॥ ਆਪੁ ਵੀਚਾਰੇ ਗਿਆਨੀ ਸੋਈ ॥ ਨਾਨਕ ਹਰਿ ਜਸੁ ਹਰਿ ਗੁਣ ਲਾਹਾ ਸਤ ਸੰਗਤਿ ਸਚੁ ਫਲੁ ਪਾਇਆ ॥੧੫॥੨॥੧੯॥ {ਪੰਨਾ ੧੦੩੯-੧੦੪੦}

ਪਦ ਅਰਥ :—ਸੰਚਹੁ—ਇਕੱਠਾ ਕਰੋ । ਤਸਕਰੁ—ਚੋਰ । ਧੁਨਿ—ਰੌ ।੧।

ਅਸਥਿਰ—ਸਦਾ ਕਾਇਮ ਰਹਿਣ ਵਾਲਾ । ਥਾਨਿ—ਥਾਂ ਵਿਚ ।੨।

ਦੇਹੀ—ਸਰੀਰ । ਪੰਚ ਲੋਕ—ਸੰਤ ਜਨ ।੩।

ਨਉ ਦਰਵਾਜੇ—ਨੌ ਗੋਲਕਾਂ (ਕੰਨ ਨੱਕ ਆਦਿਕ) । ਸਿਰਿ ਸਿਰਿ—ਹਰੇਕ ਦੇ ਸਿਰ ਉਤੇ, ਹਰੇਕ ਦੇ । ਅਲਖੁ—ਅਦ੍ਰਿਸ਼ਟ ।੪।

ਅਲੇਖੁ—ਜਿਸ ਦੀ ਕੋਈ ਤਸਵੀਰ ਨਾਹ ਬਣਾਈ ਜਾ ਸਕੇ । ਸਚੇ—ਸਦਾ-ਥਿਰ ਰਹਿਣ ਵਾਲੇ ਦਾ । ਸਚੁ—ਸਦਾ-ਥਿਰ ਰਹਿਣ ਵਾਲਾ । ਨੀਸਾਨਾ—ਪਰਵਾਨਾ । ਲਹਹੁ—ਲੱਭ ਲਵੋ ।੫।

ਨਿਰੰਜਨ—{ਨਿਰ-ਅੰਜਨ} ਜਿਸ ਉਤੇ ਮਾਇਆ ਕਾਲਖ ਦਾ ਅਸਰ ਨਾਹ ਪੈ ਸਕੇ । ਅਦਲੁ—ਨਿਆਂ । ਗਰਦਨਿ—ਧੌਣ ।੬।

ਸਚੈ ਥਾਨਿ—ਸਦਾ-ਥਿਰ ਰਹਿਣ ਵਾਲੇ ਥਾਂ ਤੇ । ਨਿਰੰਤਰਿ—{ਨਿਰ ਅੰਤਰ} ਵਿੱਥ ਤੋਂ ਬਿਨਾ, ਇਕ-ਰਸ । ਮਹਲਿ—ਮਹਿਲ ਵਿਚ ।੭।

ਚਲੈ—ਭਟਕਦਾ ਹੈ, ਡੋਲਦਾ ਹੈ । ਪਉਣੁ—ਹਵਾ, ਵਾਸ਼ਨਾ । ਅਨਾਹਦੁ—ਇਕ-ਰਸ । ਵਾਵੈ—ਵਜਾਂਦਾ ਹੈ । ਝੁਣਕਾਰੁ—ਇਕ-ਰਸ ਮਿੱਠੀ ਆਵਾਜ਼ । ਪੰਚ ਸਬਦ ਝੁਣਕਾਰੁ—ਪੰਜ ਕਿਸਮ ਦੇ ਸਾਜਾਂ ਤੋਂ ਮਿਲਵੀਂ ਪੈਦਾ ਹੋਣ ਵਾਲੀ ਇਕ-ਰਸ ਮਿੱਠੀ ਸੁਰ । ਨਿਰਾਲਮੁ—{ਨਿਰ-ਆਲੰਬ} (ਕਿਸੇ ਸਾਜ਼ ਆਦਿਕ ਦੇ) ਆਸਰੇ ਤੋਂ ਬਿਨਾ । ਪ੍ਰਭਿ—ਪ੍ਰਭੂ ਨੇ । ਵਾਇ—ਵਜਾ ਕੇ ।੮।

ਬੈਰਾਗਾ—ਵੈਰਾਗ, ਵਿਛੋੜੇ ਦਾ ਅਹਿਸਾਸ । ਸਹਜਿ—ਆਤਮਕ ਅਡੋਲਤਾ ਵਿਚ । ਅਨਹਦਿ—ਇਕ-ਰਸ ਟਿਕੇ ਰਹਿਣ ਵਾਲੇ ਪ੍ਰਭੂ ਵਿਚ । ਅੰਜਨੁ—ਸੁਰਮਾ । ਸਾਰਿ—ਪਾ ਕੇ ।੯।

ਗੁਰਿ ਮਿਲਿਐ—ਜੇ ਗੁਰੂ ਮਿਲ ਪਏ ।੧੦।

ਕਵਲੁ—ਗਿਰਾਹੀ {ਕਵਲ—ੳ ਮੁੱਟਹਡੁਲ} । ਕਾਲੈ ਕਵਲੁ—ਕਾਲ ਦੀ ਗਿਰਾਹੀ (ਬਣਾ ਲੈਂਦਾ ਹੈਂ), ਮੌਤ ਦਾ ਡਰ ਮੁਕਾ ਲੈਂਦਾ ਹੈ । ਕਰਮੁ—ਬਖ਼ਸ਼ਸ਼ । ਚੋਜ—ਤਮਾਸ਼ਾ ।੧੧।

ਕਸਿ—ਘਸਾ ਕੇ ।੧੨।

ਦਇਆਲਿ ਪ੍ਰਭਿ—ਦਇਆਲ ਪ੍ਰਭੂ ਨੇ । ਬਨਵਾਰੀ—ਜਗਤ ਦਾ ਮਾਲਕ । ਅਤੀਤੁ—ਨਿਰਲੇਪੁ । ਨਿਹਕੇਵਲੁ—{ਨਿÓਕੈਵÑਯ} ਪਵਿਤ੍ਰ, ਸੁੱਧ-ਸਰੂਪ ।

ਗੁਰਪੁਰਖੈ—ਗੁਰੂ ਪੁਰਖ ਨੇ । ਪੁਰਖੁ—ਸਰਬ-ਵਿਆਪਕ ਪ੍ਰਭੂ ।੧੩।

ਗਰਬੁ—ਅਹੰਕਾਰ । ਦੂਜਾ—ਪ੍ਰਭੂ ਤੋਂ ਬਿਨਾ ਕਿਸੇ ਹੋਰ ਆਸਰੇ ਦੀ ਝਾਕ । ਮਾਹਿ—ਵਿਚ । ਜੋਨੀ—ਮਨੁੱਖ-ਜੂਨ ਵਾਲਾ, ਮਨੁੱਖ । ਅਕੁਲ—ਜਿਸ ਦੀ ਕੋਈ ਖ਼ਾਸ ਕੁਲ ਨਹੀਂ ।੧੪।

ਮੇਟਿ—ਮਿਟਾ ਕੇ । ਸਬਦਿ—ਸ਼ਬਦ ਦੀ ਰਾਹੀਂ । ਆਪੁ—ਆਪਣੇ ਆਪ ਨੂੰ, ਆਪਣੇ ਆਤਮਕ ਜੀਵਨ ਨੂੰ । ਲਾਹਾ—ਲਾਭ । ਸਚੁ—ਸਦਾ-ਥਿਰ ਰਹਿਣ ਵਾਲਾ ।੧੫।

ਅਰਥ :—ਹੇ ਭਾਈ ਜਨੋ! ਪਰਮਾਤਮਾ ਦਾ ਨਾਮ-ਧਨ ਇਕੱਠਾ ਕਰੋ (ਪਰ ਇਹ ਧਨ ਗੁਰੂ ਦੇ ਦੱਸੇ ਰਾਹ ਤੇ ਤੁਰਿਆਂ ਮਿਲਦਾ ਹੈ, ਇਸ ਵਾਸਤੇ) ਗੁਰੂ ਦੀ ਦੱਸੀ ਸੇਵਾ ਕਰ ਕੇ ਗੁਰੂ ਦੀ ਸਰਨ ਵਿਚ ਟਿਕੇ ਰਹੋ । (ਜੇਹੜਾ ਮਨੁੱਖ ਇਹ ਆਤਮਕ ਰਸਤਾ ਫੜਦਾ ਹੈ) ਉਸ ਨੂੰ ਕੋਈ (ਕਾਮਾਦਿਕ) ਚੋਰ ਨਹੀਂ ਲੱਗਦਾ (ਕੋਈ ਚੋਰ ਉਸ ਉਤੇ ਆਪਣਾ ਦਾਅ ਨਹੀਂ ਲਾ ਸਕਦਾ ਕਿਉਂਕਿ) ਗੁਰੂ ਨੇ ਆਪਣੇ ਸ਼ਬਦ ਦੀ ਰਾਹੀਂ ਉਸ ਨੂੰ ਜਗਾ ਦਿੱਤਾ ਹੈ ਤੇ ਉਸ ਦੇ ਅੰਦਰ (ਨਾਮ ਸਿਮਰਨ ਦੀ) ਰੌ ਪੈਦਾ ਹੋਈ ਰਹਿੰਦੀ ਹੈ ।੧।

ਹੇ ਪ੍ਰਭੂ! ਤੂੰ ਇਕ ਆਪ ਹੀ ਆਪ ਹੈਂ, ਤੈਨੂੰ ਕਿਸੇ ਸਹਾਰੇ ਦੀ ਲੋੜ ਨਹੀਂ, ਤੂੰ ਸਾਰੀ ਸ੍ਰਿਸ਼ਟੀ ਦਾ ਰਾਜਾ ਹੈਂ, ਆਪਣੇ ਸੇਵਕਾਂ ਦੇ ਕੰਮ ਤੂੰ ਆਪ ਸਵਾਰਦਾ ਹੈਂ । ਹੇ ਹਰੀ! ਤੈਨੂੰ ਮੌਤ ਨਹੀਂ ਪੋਹ ਸਕਦੀ, ਤੈਨੂੰ ਮਾਇਆ ਡੁਲਾ ਨਹੀਂ ਸਕਦੀ, ਤੂੰ ਬੇਅੰਤ ਹੈਂ, ਤੇਰਾ ਮੁੱਲ ਨਹੀਂ ਪਾਇਆ ਜਾ ਸਕਦਾ । ਤੂੰ ਐਸੇ ਥਾਂ ਸੋਭ ਰਿਹਾ ਹੈਂ ਜੋ ਸਦਾ ਕਾਇਮ ਰਹਿਣ ਵਾਲਾ ਹੈ ।੨।

ਮਨੁੱਖਾ ਸਰੀਰ, ਮਾਨੋ, ਇਕ ਸ਼ਹਿਰ ਹੈ । ਜਿਸ ਜਿਸ ਸਰੀਰ-ਸ਼ਹਿਰ ਵਿਚ ਮੰਨੇ-ਪ੍ਰਮੰਨੇ ਸੰਤ ਜਨ ਵੱਸਦੇ ਹਨ, ਉਹ ਉਹ ਸਰੀਰ-ਸ਼ਹਿਰ (ਪਰਮਾਤਮਾ ਦੇ ਵੱਸਣ ਲਈ) ਸ੍ਰੇਸ਼ਟ ਥਾਂ ਹੈ । ਜੇਹੜਾ ਪਰਮਾਤਮਾ ਸਭ ਜੀਵਾਂ ਦੇ ਸਿਰ ਤੇ ਰਾਖਾ ਹੈ, ਜੇਹੜਾ ਇਕ ਆਪ ਹੀ ਆਪ (ਆਪਣੇ ਵਰਗਾ) ਹੈ, ਜਿਸ ਨੂੰ ਹੋਰ ਕਿਸੇ ਆਸਰੇ-ਸਹਾਰੇ ਦੀ ਲੋੜ ਨਹੀਂ, ਉਹ ਪਰਮਾਤਮਾ (ਉਸ ਸਰੀਰ-ਸ਼ਹਿਰ ਵਿਚ, ਮਾਨੋ,) ਐਸੀ ਸਮਾਧੀ ਲਾਈ ਬੈਠਾ ਹੈ ਜਿਸ ਵਿਚ ਕੋਈ ਮਾਇਕ-ਫੁਰਨੇ ਨਹੀਂ ਉਠਦੇ ।੩।

ਸਿਰਜਣਹਾਰ ਪ੍ਰਭੂ ਨੇ ਹਰੇਕ ਸਰੀਰ-ਸ਼ਹਿਰ ਨੂੰ ਨੌ ਨੌ ਦਰਵਾਜ਼ੇ ਲਾ ਦਿੱਤੇ ਹਨ (ਇਹਨਾਂ ਦਰਵਾਜ਼ਿਆਂ ਦੀ ਰਾਹੀਂ, ਸਰੀਰ-ਸ਼ਹਿਰ ਵਿਚ ਵੱਸਣ ਵਾਲਾ ਜੀਵਾਤਮਾ ਬਾਹਰਲੀ ਦੁਨੀਆ ਨਾਲ ਆਪਣਾ ਸੰਬੰਧ ਬਣਾਈ ਰੱਖਦਾ ਹੈ । ਇਕ ਦਸਵਾਂ ਦਰਵਾਜ਼ਾ ਭੀ ਹੈ ਜਿਸ ਦੀ ਰਾਹੀਂ ਪਰਮਾਤਮਾ ਤੇ ਜੀਵਾਤਮਾ ਦਾ ਮੇਲ ਹੁੰਦਾ ਹੈ, ਉਸ) ਵਿਚ ਉਹ ਪਰਮਾਤਮਾ ਆਪ ਟਿਕਦਾ ਹੈ ਜੋ ਸਰਬ-ਵਿਆਪਕ ਹੈ ਜੋ ਮਾਇਆ ਦੇ ਪ੍ਰਭਾਵ ਤੋਂ ਪਰੇ ਹੈ ਜੋ ਨਿਰਲੇਪ ਹੈ ਤੇ ਜੋ ਅਦ੍ਰਿਸ਼ਟ ਹੈ । (ਪਰ ਜੀਵ ਨੂੰ ਆਪਣਾ ਆਪ) ਉਹ ਆਪ ਹੀ ਵਿਖਾਂਦਾ ਹੈ ।੪।

ਹਰੇਕ ਸਰੀਰ-ਸ਼ਹਿਰ ਵਿਚ ਰਹਿਣ ਵਾਲਾ ਪਰਮਾਤਮਾ ਐਸਾ ਹੈ ਕਿ ਉਸ ਦਾ ਕੋਈ ਚਿੱਤ੍ਰ ਨਹੀਂ ਬਣਾ ਸਕਦਾ (ਉਹ ਸਦਾ-ਥਿਰ ਰਹਿਣ ਵਾਲਾ ਹੈ ਤੇ) ਉਸ ਸਦਾ-ਥਿਰ ਪ੍ਰਭੂ ਦਾ ਦਰਬਾਰ ਭੀ ਸਦਾ-ਥਿਰ ਹੈ । (ਜਗਤ ਦੀ ਸਾਰੀ ਕਾਰ ਉਹ) ਆਪਣੇ ਹੁਕਮ ਵਿਚ ਚਲਾ ਰਿਹਾ ਹੈ (ਉਸ ਦੇ ਹੁਕਮ ਦਾ) ਪਰਵਾਨਾ ਅਟੱਲ ਹੈ । ਹੇ ਨਾਨਕ! (ਉਹ ਸਰਬ-ਵਿਆਪਕ ਪ੍ਰਭੂ ਹਰੇਕ ਸਰੀਰ-ਘਰ ਵਿਚ ਮੌਜੂਦ ਹੈ) ਆਪਣਾ ਹਿਰਦਾ-ਘਰ ਖੋਜ ਕੇ ਉਸ ਨੂੰ ਲੱਭ ਲਵੋ । (ਜਿਸ ਜਿਸ ਮਨੁੱਖ ਨੇ ਇਹ ਖੋਜ-ਭਾਲ ਕੀਤੀ ਹੈ) ਉਸ ਨੇ ਉਸ ਸਰਬ-ਵਿਅਪਕ ਪ੍ਰਭੂ ਦਾ ਨਾਮ-ਧਨ ਹਾਸਲ ਕਰ ਲਿਆ ਹੈ ।੫।

ਉਹ ਸੁਜਾਨ ਪ੍ਰਭੂ ਸਭ ਸਰੀਰਾਂ ਵਿਚ ਵਿਆਪਕ ਹੁੰਦਾ ਹੋਇਆ ਭੀ ਮਾਇਆ ਦੇ ਪ੍ਰਭਾਵ ਤੋਂ ਪਰੇ ਹੈ, ਤੇ (ਹਰੇਕ ਗੱਲ ਵਿਚ) ਨਿਆਂ ਕਰਦਾ ਹੈ । ਜੇਹੜਾ ਮਨੁੱਖ ਗੁਰੂ ਦੇ ਬਖ਼ਸ਼ੇ ਇਸ ਗਿਆਨ ਵਿਚ ਆਪਣੇ ਆਪ ਨੂੰ ਲੀਨ ਕਰਦਾ ਹੈ ਉਹ ਆਪਣੇ ਅੰਦਰੋਂ ਕਾਮ ਤੇ ਕ੍ਰੋਧ ਨੂੰ ਉੱਕਾ ਹੀ ਮਾਰ ਲੈਂਦਾ ਹੈ, ਉਸ ਨੇ ਹਉਮੈ ਤੇ ਲੋਭ ਨੂੰ ਮੁਕਾ ਲਿਆ ਹੈ ।੬।

ਉਹ ਪਰਮਾਤਮਾ ਜਿਸ ਦਾ ਕੋਈ ਖ਼ਾਸ ਸਰੂਪ ਨਹੀਂ ਦੱਸਿਆ ਜਾ ਸਕਦਾ ਇਕ ਐਸੇ ਥਾਂ ਤੇ ਰਹਿੰਦਾ ਹੈ ਜੋ ਸਦਾ ਕਾਇਮ ਰਹਿਣ ਵਾਲਾ ਹੈ । ਉਹ ਆਪ ਹੀ ਆਪਣੇ ਹੁਕਮ ਨੂੰ ਵਿਚਾਰਦਾ ਹੈ ਤੇ ਆਪ ਹੀ ਸਮਝਦਾ ਹੈ । ਜਿਸ ਜੀਵ ਨੇ ਉਸ ਸਦਾ-ਥਿਰ ਪ੍ਰਭੂ ਦੇ ਚਰਨਾਂ (ਮਹਿਲ) ਵਿਚ ਆਪਣਾ ਟਿਕਾਣਾ ਸਦਾ ਲਈ ਬਣਾ ਲਿਆ (ਭਾਵ, ਜੋ ਮਨੁੱਖ ਸਦਾ ਉਸ ਦੀ ਯਾਦ ਵਿਚ ਜੁੜਿਆ ਰਹਿੰਦਾ ਹੈ) ਪਰਮਾਤਮਾ ਉਸ ਦਾ ਜੰਮਣ ਮਰਨ ਦਾ ਗੇੜ ਮੁਕਾ ਦੇਂਦਾ ਹੈ ।੭।

ਉਸ ਮਨੁੱਖ ਦਾ ਮਨ (ਮਾਇਆ ਦੀ ਖ਼ਾਤਰ) ਨਹੀਂ ਭਟਕਦਾ, ਮਾਇਆ ਦੀ ਤ੍ਰਿਸ਼ਨਾ ਉਸ ਨੂੰ ਥਾਂ ਥਾਂ ਨਹੀਂ ਦੌੜਾਈ ਫਿਰਦੀ । ਪ੍ਰਭੂ-ਚਰਨਾਂ ਵਿਚ ਜੁੜਿਆ ਉਹ ਮਨੁੱਖ (ਆਪਣੇ ਅੰਦਰ) ਇਕ-ਰਸ ਸਿਫ਼ਤਿ-ਸਾਲਾਹ (ਦਾ ਵਾਜਾ) ਵਜਾਂਦਾ ਰਹਿੰਦਾ ਹੈ, ਜਿਸ ਦੀ ਬਰਕਤਿ ਨਾਲ ਉਸ ਦੇ ਅੰਦਰ, ਮਾਨੋ, ਇਕ ਮਿੱਠਾ ਮਿੱਠਾ ਇਕ-ਰਸ ਰਾਗ ਹੁੰਦਾ ਹੈ ਜਿਵੇਂ ਪੰਜ ਕਿਸਮਾਂ ਦੇ ਸਾਜ਼ਾਂ ਦੇ ਇਕੱਠੇ ਵਜਾਣ ਨਾਲ ਪੈਦਾ ਹੁੰਦਾ ਹੈ, ਉਸ ਰਾਗ ਨੂੰ ਬਾਹਰੋਂ ਕਿਸੇ ਸਾਜ਼ ਦੇ ਆਸਰੇ ਦੀ ਲੋੜ ਨਹੀਂ ਪੈਂਦੀ । ਇਹ ਰਾਗ (ਅੰਦਰ-ਵੱਸਦੇ) ਪ੍ਰਭੂ ਨੇ ਆਪ ਹੀ ਵਜਾ ਕੇ ਉਸ ਨੂੰ ਸੁਣਾਇਆ ਹੈ ।੮।

ਉਸ ਮਨੁੱਖ ਦੇ ਅੰਦਰ ਪਰਮਾਤਮਾ ਦਾ ਡਰ-ਅਦਬ ਪੈਦਾ ਹੁੰਦਾ ਹੈ, ਪਰਮਾਤਮਾ ਦਾ ਪਿਆਰ ਉਪਜਦਾ ਹੈ, (ਜਿਸ ਕਰਕੇ) ਉਹ ਆਤਮਕ ਅਡੋਲਤਾ ਵਿਚ ਟਿਕਿਆ ਰਹਿੰਦਾ ਹੈ । ਉਹ ਮਨੁੱਖ ਹਉਮੈ ਦੂਰ ਕਰ ਕੇ ਅਬਿਨਾਸੀ ਪ੍ਰਭੂ (ਦੇ ਨਾਮ-ਰੰਗ) ਵਿਚ ਰੰਗਿਆ ਰਹਿੰਦਾ ਹੈ । (ਪ੍ਰਭੂ ਦੇ ਨਾਮ ਦਾ) ਸੁਰਮਾ ਪਾ ਕੇ ਉਹ ਪਛਾਣ ਲੈਂਦਾ ਹੈ ਕਿ ਉਹ ਰਾਜਨ-ਪ੍ਰਭੂ ਆਪ ਮਾਇਆ ਦੇ ਪ੍ਰਭਾਵ ਤੋਂ ਪਰੇ ਹੈ ਤੇ (ਸਰਨ ਪਏ) ਸਭ ਜੀਵਾਂ ਨੂੰ ਭੀ ਮਾਇਆ ਦੇ ਪ੍ਰਭਾਵ ਤੋਂ ਬਚਾ ਲੈਂਦਾ ਹੈ ।੯।

ਪ੍ਰਭੂ ਜੀਵਾਂ ਦੇ ਦੁੱਖ ਤੇ ਡਰ ਨਾਸ ਕਰਨ ਵਾਲਾ ਹੈ ਤੇ ਆਪ ਕਦੇ ਨਾਸ ਹੋਣ ਵਾਲਾ ਨਹੀਂ । ਉਹ ਜੀਵਾਂ ਦੇ ਰੋਗ ਕੱਟਦਾ ਹੈ, ਜਮ ਦੀ ਫਾਹੀ ਤੋੜਦਾ ਹੈ । ਹੇ ਨਾਨਕ! ਉਹ ਹਰੀ, ਉਹ ਭਉ-ਭੰਜਨ ਪ੍ਰਭੂ ਤਦੋਂ ਹੀ ਮਿਲਦਾ ਹੈ ਜੇ ਗੁਰੂ ਮਿਲ ਪਵੇ ।੧੦।

ਜੇਹੜਾ ਮਨੁੱਖ ਮਾਇਆ-ਰਹਿਤ ਪਰਮਾਤਮਾ ਨਾਲ ਸਾਂਝ ਪਾ ਲੈਂਦਾ ਹੈ ਉਹ ਮੌਤ ਦੀ ਗਿਰਾਹੀ ਕਰ ਲੈਂਦਾ ਹੈ (ਉਹ ਮੌਤ ਦਾ ਡਰ ਮੁਕਾ ਲੈਂਦਾ ਹੈ), ਉਹ

ਪਰਮਾਤਮਾ ਦੀ ਬਖ਼ਸ਼ਸ਼ ਨੂੰ ਸਮਝ ਲੈਂਦਾ ਹੈ, ਉਹ ਪ੍ਰਭੂ ਦੀ ਸਿਫ਼ਤਿ-ਸਾਲਾਹ ਦੀ ਬਾਣੀ ਨਾਲ ਜਾਣ-ਪਛਾਣ ਪਾਂਦਾ ਹੈ । (ਉਸ ਨੂੰ ਇਹ ਨਿਸ਼ਚਾ ਬਣ ਜਾਂਦਾ ਹੈ ਕਿ) ਪਰਮਾਤਮਾ ਆਪ ਹੀ ਜੀਵਾਂ ਦੇ ਦਿਲ ਦੀ ਜਾਣਦਾ ਹੈ ਤੇ ਪਛਾਣਦਾ ਹੈ, ਇਹ ਸਾਰਾ ਜਗਤ-ਤਮਾਸ਼ਾ ਉਸੇ ਦਾ ਰਚਿਆ ਹੋਇਆ ਹੈ ।੧੧।

(ਇਹ ਜਗਤ, ਮਾਨੋ, ਇਕ ਸ਼ਹਿਰ ਹੈ ਜਿਥੇ ਜੀਵ ਪ੍ਰਭੂ-ਨਾਮ ਦਾ ਵਣਜ ਕਰਨ ਆਉਂਦੇ ਹਨ) ਪਰਮਾਤਮਾ ਆਪ ਹੀ (ਰਾਸ-ਪੂੰਜੀ ਦੇਣ ਵਾਲਾ) ਸ਼ਾਹੂਕਾਰ ਹੈ, ਆਪ ਹੀ (ਜੀਵਾਂ ਵਿਚ ਵਿਆਪਕ ਹੋ ਕੇ) ਵਪਾਰੀ ਹੈ, ਉਹ ਆਪ ਹੀ ਇਸ ਵਣਜ ਨੂੰ ਪਰਖਦਾ ਹੈ ਕਿਉਂਕਿ ਉਹ ਆਪ ਹੀ ਇਸ ਨੂੰ ਪਰਖਣ ਦੀ ਯੋਗਤਾ ਰੱਖਦਾ ਹੈ । (ਹਰੇਕ ਜੀਵ-ਵਣਜਾਰੇ ਦੇ ਕੀਤੇ ਵਣਜ ਨੂੰ) ਪ੍ਰਭੂ ਆਪ ਹੀ ਪਰਖਦਾ ਹੈ ਜਿਵੇਂ ਸੁਨਿਆਰਾ ਸੋਨੇ ਨੂੰ ਕਸਵੱਟੀ ਤੇ ਘਸਾ ਕੇ ਪਰਖਦਾ ਹੈ, ਤੇ ਫਿਰ ਪ੍ਰਭੂ ਆਪ ਹੀ (ਉਸ ਵਣਜ ਦਾ) ਮੁੱਲ ਪਾਂਦਾ ਹੈ ।੧੨।

ਜਿਸ ਮਨੁੱਖ ਉਤੇ ਦਇਆ-ਦੇ-ਘਰ ਪ੍ਰਭੂ ਨੇ ਮੇਹਰ ਕੀਤੀ ਉਸ ਨੂੰ ਨਿਸ਼ਚਾ ਹੋ ਗਿਆ ਕਿ ਜਗਤ ਦਾ ਮਾਲਕ ਪ੍ਰਭੂ ਹਰੇਕ ਸਰੀਰ ਵਿਚ ਵਿਆਪਕ ਹੈ । ਹਰੇਕ ਸਰੀਰ ਵਿਚ ਵੱਸਦਾ ਹੋਇਆ ਭੀ ਉਹ ਮਾਇਆ ਦੇ ਪ੍ਰਭਾਵ ਤੋਂ ਪਰੇ ਹੈ ਤੇ ਪਵਿਤ੍ਰ-ਸਰੂਪ ਹੈ । (ਜਿਸ ਉਤੇ ਪ੍ਰਭੂ ਦੀ ਮੇਹਰ ਹੋਈ) ਉਸ ਨੂੰ ਸਤਿਗੁਰ ਪੁਰਖ ਨੇ ਉਹ ਸਰਬ-ਵਿਆਪਕ ਪ੍ਰਭੂ ਮਿਲਾ ਦਿੱਤਾ ।੧੩।

ਪ੍ਰਭੂ ਸਭ ਜੀਵਾਂ ਦੇ ਦਿਲ ਦੀ ਜਾਣਦਾ ਹੈ ਸਭ ਦੇ ਕੀਤੇ ਕੰਮ ਵੇਖਦਾ ਹੈ (ਜਿਸ ਉਤੇ ਮਿਹਰ ਕਰੇ ਉਸ ਦਾ) ਅਹੰਕਾਰ ਮਿਟਾਂਦਾ ਹੈ, ਉਸ ਦੇ ਅੰਦਰੋਂ ਕਿਸੇ ਹੋਰ ਆਸਰੇ ਦੀ ਝਾਕ ਦੂਰ ਕਰਦਾ ਹੈ, ਤੇ ਉਸ ਨੂੰ ਇਕ ਆਪਣਾ ਆਪ ਵਿਖਾ ਦੇਂਦਾ ਹੈ । ਉਹ ਮਨੁੱਖ ਦੁਨੀਆ ਦੀਆਂ ਆਸਾਂ ਵਿਚ (ਵਿਚਰਦਾ ਹੋਇਆ ਭੀ) ਆਸਾਂ ਦੇ ਆਸਰੇ ਤੋਂ ਬੇ-ਮੁਥਾਜ ਹੋ ਜਾਂਦਾ ਹੈ ਕਿਉਂਕਿ ਉਹ ਉਸ ਪ੍ਰਭੂ ਦੀ ਸਿਫ਼ਤਿ-ਸਾਲਾਹ ਕਰਦਾ ਰਹਿੰਦਾ ਹੈ ਜੋ ਮਾਇਆ ਦੇ ਪ੍ਰਭਾਵ ਤੋਂ ਪਰੇ ਹੈ ਤੇ ਜਿਸ ਦੀ ਕੋਈ ਖ਼ਾਸ ਕੁਲ ਨਹੀਂ ।੧੪।

ਜੇਹੜਾ ਮਨੁੱਖ ਆਪਣੇ ਆਤਮਕ ਜੀਵਨ ਨੂੰ ਪੜਤਾਲਦਾ ਰਹਿੰਦਾ ਹੈ ਉਹੀ ਅਸਲ ਗਿਆਨ-ਵਾਨ ਹੈ, ਉਹ ਮਨੁੱਖ ਹਉਮੈ ਦੂਰ ਕਰ ਕੇ ਗੁਰੂ ਦੇ ਸ਼ਬਦ ਵਿਚ ਜੁੜਦਾ ਹੈ ਤੇ ਇਸ ਤਰ੍ਹਾਂ ਉਸ ਨੂੰ ਆਤਮਕ ਆਨੰਦ ਪ੍ਰਾਪਤ ਹੁੰਦਾ ਹੈ ।

ਹੇ ਨਾਨਕ! ਪਰਮਾਤਮਾ ਦੀ ਸਿਫ਼ਤਿ-ਸਾਲਾਹ ਕਰਨੀ ਪਰਮਾਤਮਾ ਦੇ ਗੁਣ ਗਾਣੇ—(ਜਗਤ ਵਿਚ ਇਹੀ ਅਸਲ) ਖੱਟੀ ਹੈ । ਜੇਹੜਾ ਮਨੁੱਖ ਸਾਧ ਸੰਗਤਿ ਵਿਚ ਆਉਂਦਾ ਹੈ ਉਹ ਇਹ ਸਦਾ ਕਾਇਮ ਰਹਿਣ ਵਾਲਾ ਫਲ ਪਾ ਲੈਂਦਾ ਹੈ ।੧੫।੨।੧੯।

ਮਾਰੂ ਮਹਲਾ ੧ ॥ ਸਚੁ ਕਹਹੁ ਸਚੈ ਘਰਿ ਰਹਣਾ ॥ ਜੀਵਤ ਮਰਹੁ ਭਵਜਲੁ ਜਗੁ ਤਰਣਾ ॥ ਗੁਰੁ ਬੋਹਿਥੁ ਗੁਰੁ ਬੇੜੀ ਤੁਲਹਾ ਮਨ ਹਰਿ ਜਪਿ ਪਾਰਿ ਲੰਘਾਇਆ ॥੧॥ ਹਉਮੈ ਮਮਤਾ ਲੋਭ ਬਿਨਾਸਨੁ ॥ ਨਉ ਦਰ ਮੁਕਤੇ ਦਸਵੈ ਆਸਨੁ ॥ ਊਪਰਿ ਪਰੈ ਪਰੈ ਅਪਰੰਪਰੁ ਜਿਨਿ ਆਪੇ ਆਪੁ ਉਪਾਇਆ ॥੨॥ ਗੁਰਮਤਿ ਲੇਵਹੁ ਹਰਿ ਲਿਵ ਤਰੀਐ ॥ ਅਕਲੁ ਗਾਇ ਜਮ ਤੇ ਕਿਆ ਡਰੀਐ ॥ ਜਤ ਜਤ ਦੇਖਉ ਤਤ ਤਤ ਤੁਮ ਹੀ ਅਵਰੁ ਨ ਦੁਤੀਆ ਗਾਇਆ ॥੩॥ ਸਚੁ ਹਰਿ ਨਾਮੁ ਸਚੁ ਹੈ ਸਰਣਾ ॥ ਸਚੁ ਗੁਰ ਸਬਦੁ ਜਿਤੈ ਲਗਿ ਤਰਣਾ ॥ ਅਕਥੁ ਕਥੈ ਦੇਖੈ ਅਪਰੰਪਰੁ ਫੁਨਿ ਗਰਭਿ ਨ ਜੋਨੀ ਜਾਇਆ ॥੪॥ ਸਚ ਬਿਨੁ ਸਤੁ ਸੰਤੋਖੁ ਨ ਪਾਵੈ ॥ ਬਿਨੁ ਗੁਰ ਮੁਕਤਿ ਨ ਆਵੈ ਜਾਵੈ ॥ ਮੂਲ ਮੰਤ੍ਰੁ ਹਰਿ ਨਾਮੁ ਰਸਾਇਣੁ ਕਹੁ ਨਾਨਕ ਪੂਰਾ ਪਾਇਆ ॥੫॥ ਸਚ ਬਿਨੁ ਭਵਜਲੁ ਜਾਇ ਨ ਤਰਿਆ ॥ ਏਹੁ ਸਮੁੰਦੁ ਅਥਾਹੁ ਮਹਾ ਬਿਖੁ ਭਰਿਆ ॥ ਰਹੈ ਅਤੀਤੁ ਗੁਰਮਤਿ ਲੇ ਊਪਰਿ ਹਰਿ ਨਿਰਭਉ ਕੈ ਘਰਿ ਪਾਇਆ ॥੬॥ ਝੂਠੀ ਜਗ ਹਿਤ ਕੀ ਚਤੁਰਾਈ ॥ ਬਿਲਮ ਨ ਲਾਗੈ ਆਵੈ ਜਾਈ ॥ ਨਾਮੁ ਵਿਸਾਰਿ ਚਲਹਿ ਅਭਿਮਾਨੀ ਉਪਜੈ ਬਿਨਸਿ ਖਪਾਇਆ ॥੭॥ ਉਪਜਹਿ ਬਿਨਸਹਿ ਬੰਧਨ ਬੰਧੇ ॥ ਹਉਮੈ ਮਾਇਆ ਕੇ ਗਲਿ ਫੰਧੇ ॥ ਜਿਸੁ ਰਾਮ ਨਾਮੁ ਨਾਹੀ ਮਤਿ ਗੁਰਮਤਿ ਸੋ ਜਮ ਪੁਰਿ ਬੰਧਿ ਚਲਾਇਆ ॥੮॥ ਗੁਰ ਬਿਨੁ ਮੋਖ ਮੁਕਤਿ ਕਿਉ ਪਾਈਐ ॥ ਬਿਨੁ ਗੁਰ ਰਾਮ ਨਾਮੁ ਕਿਉ ਧਿਆਈਐ ॥ ਗੁਰਮਤਿ ਲੇਹੁ ਤਰਹੁ ਭਵ ਦੁਤਰੁ ਮੁਕਤਿ ਭਏ ਸੁਖੁ ਪਾਇਆ ॥੯॥ ਗੁਰਮਤਿ ਕ੍ਰਿਸਨਿ ਗੋਵਰਧਨ ਧਾਰੇ ॥ ਗੁਰਮਤਿ ਸਾਇਰਿ ਪਾਹਣ ਤਾਰੇ ॥ ਗੁਰਮਤਿ ਲੇਹੁ ਪਰਮ ਪਦੁ ਪਾਈਐ ਨਾਨਕ ਗੁਰਿ ਭਰਮੁ ਚੁਕਾਇਆ ॥੧੦॥ ਗੁਰਮਤਿ ਲੇਹੁ ਤਰਹੁ ਸਚੁ ਤਾਰੀ ॥ ਆਤਮ ਚੀਨਹੁ ਰਿਦੈ ਮੁਰਾਰੀ ॥ ਜਮ ਕੇ ਫਾਹੇ ਕਾਟਹਿ ਹਰਿ ਜਪਿ ਅਕੁਲ ਨਿਰੰਜਨੁ ਪਾਇਆ ॥੧੧॥ ਗੁਰਮਤਿ ਪੰਚ ਸਖੇ ਗੁਰ ਭਾਈ ॥ ਗੁਰਮਤਿ ਅਗਨਿ ਨਿਵਾਰਿ ਸਮਾਈ ॥ ਮਨਿ ਮੁਖਿ ਨਾਮੁ ਜਪਹੁ ਜਗਜੀਵਨ ਰਿਦ ਅੰਤਰਿ ਅਲਖੁ ਲਖਾਇਆ ॥੧੨॥ ਗੁਰਮੁਖਿ ਬੂਝੈ ਸਬਦਿ ਪਤੀਜੈ ॥ ਉਸਤਤਿ ਨਿੰਦਾ ਕਿਸ ਕੀ ਕੀਜੈ ॥ ਚੀਨਹੁ ਆਪੁ ਜਪਹੁ ਜਗਦੀਸਰੁ ਹਰਿ ਜਗੰਨਾਥੁ ਮਨਿ ਭਾਇਆ ॥੧੩॥ ਜੋ ਬ੍ਰਹਮੰਡਿ ਖੰਡਿ ਸੋ ਜਾਣਹੁ ॥ ਗੁਰਮੁਖਿ ਬੂਝਹੁ ਸਬਦਿ ਪਛਾਣਹੁ ॥ ਘਟਿ ਘਟਿ ਭੋਗੇ ਭੋਗਣਹਾਰਾ ਰਹੈ ਅਤੀਤੁ ਸਬਾਇਆ ॥੧੪॥ ਗੁਰਮਤਿ ਬੋਲਹੁ ਹਰਿ ਜਸੁ ਸੂਚਾ ॥ ਗੁਰਮਤਿ ਆਖੀ ਦੇਖਹੁ ਊਚਾ ॥ ਸ੍ਰਵਣੀ ਨਾਮੁ ਸੁਣੈ ਹਰਿ ਬਾਣੀ ਨਾਨਕ ਹਰਿ ਰੰਗਿ ਰੰਗਾਇਆ ॥੧੫॥੩॥੨੦॥ {ਪੰਨਾ ੧੦੪੦-੧੦੪੧}

ਪਦ ਅਰਥ :—ਸਚੁ—ਸਦਾ-ਥਿਰ ਪ੍ਰਭੂ-ਨਾਮ । ਕਹਹੁ—ਸਿਮਰੋ । ਸਚੈ ਘਰਿ—ਸੱਚੇ ਦੇ ਘਰ ਵਿਚ, ਸਦਾ-ਥਿਰ ਪ੍ਰਭੂ ਦੇ ਘਰ ਵਿਚ । ਮਰਹੁ—ਵਿਕਾਰਾਂ ਵਲੋਂ ਬਚੇ ਰਹੋਗੇ । ਭਵਜਲੁ—ਸੰਸਾਰ-ਸਮੁੰਦਰ । ਬੋਹਿਥੁ—ਜਹਾਜ਼ । ਤੁਲਹਾ—ਨਦੀ ਪਾਰ ਕਰਨ ਲਈ ਲੱਕੜਾਂ ਤੇ ਪਿਲਛੀ ਆਦਿਕ ਦਾ ਬੱਧਾ ਹੋਇਆ ਭਾਰ । ਮਨ—ਹੇ ਮਨ! ।੧।

ਮਮਤਾ—ਅਪਣੱਤ । ਨਉ ਦਰ—ਨੌ ਗੋਲਕਾਂ (ਕੰਨ ਨੱਕ ਆਦਿਕ) । ਮੁਕਤੇ—ਵਿਕਾਰਾਂ ਦੇ ਅਸਰ ਤੋਂ ਸੁਤੰਤਰ । ਦਸਵੈ—ਦਸਵੇਂ ਦੁਆਰ ਵਿਚ । ਅਪਰੰਪਰੁ—ਪਰੇ ਤੋਂ ਪਰੇ ਪ੍ਰਭੂ । ਆਪੁ—ਆਪਣੇ ਆਪ ਨੂੰ ।੨।

ਲਿਵ—ਲਗਨ, ਸੁਰਤਿ । ਅਕਲੁ—ਅਖੰਡ {ਕਲਾ—ਹਿੱਸਾ} । ਤੇ—ਤੋਂ । ਦੇਖਉ—ਮੈਂ ਵੇਖਦਾ ਹਾਂ । ਦੁਤੀਆ—ਦੂਜਾ, ਕੋਈ ਹੋਰ ।੩।

ਸਚੁ—ਸਦਾ-ਥਿਰ ਰਹਿਣ ਵਾਲਾ । ਜਿਤੈ ਲਗਿ—ਜਿਸ ਵਿਚ ਲੱਗ ਕੇ । ਅਕਥੁ—ਉਹ ਪ੍ਰਭੂ ਜਿਸ ਦਾ ਸਰੂਪ ਬਿਆਨ ਨਾਹ ਕੀਤਾ ਜਾ ਸਕੇ । ਫੁਨਿ—ਮੁੜ, ਫਿਰ ।੪।

ਸਚ ਬਿਨੁ—ਸਦਾ-ਥਿਰ ਪ੍ਰਭੂ ਦੇ ਨਾਮ ਤੋਂ ਬਿਨਾ । ਰਸਾਇਣੁ—ਸਭ ਰਸਾਂ ਦਾ ਘਰ {ਰਸ-ਅਯਨ} ।੫।

ਅਥਾਹੁ—ਜਿਸ ਦੀ ਥਾਹ ਨਾਹ ਲੱਭ ਸਕੇ । ਬਿਖੁ—ਜ਼ਹਿਰ । ਅਤੀਤੁ—ਨਿਰਲੇਪ । ਊਪਰਿ—'ਮਹਾ ਬਿਖੁ' ਤੋਂ ਉਤਾਂਹ ।੬।

ਹਿਤ—ਮੋਹ । ਬਿਲਮ—ਢਿੱਲ । ਵਿਸਾਰਿ—ਵਿਸਾਰ ਕੇ । ਚਲਹਿ—ਜਾਂਦੇ ਹਨ ।੭।

ਗਲਿ—ਗਲ ਵਿਚ । ਬੰਧਿ—ਬੰਨ੍ਹ ਕੇ ।੮।

ਭਵ—ਸੰਸਾਰ-ਸਮੁੰਦਰ । ਦੁਤਰੁ—ਜਿਸ ਤੋਂ ਪਾਰ ਲੰਘਣਾ ਬਹੁਤ ਔਖਾ ਹੈ ।੯।

ਕ੍ਰਿਸਨਿ—ਕ੍ਰਿਸ਼ਨ ਨੇ । ਗੋਵਰਧਨ—ਬਿੰਦ੍ਰਾਬਨ ਦੇ ਨੇੜੇ ਇਕ ਪਹਾੜ । ਇਸ ਨੂੰ ਕ੍ਰਿਸ਼ਨ ਜੀ ਨੇ ਆਪਣੀ ਉਂਗਲੀ ਤੇ ਚੁੱਕ ਲਿਆ ਸੀ । ਧਾਰੇ—ਚੁੱਕ ਲਿਆ । ਸਾਇਰਿ—ਸਮੁੰਦਰ ਵਿਚ । ਪਾਹਣ—ਪੱਥਰ । ਸ੍ਰੀ ਰਾਮ ਚੰਦਰ ਜੀ ਨੇ ਸਮੁੰਦਰ ਵਿਚ ਪੱਥਰ ਤਰਾਏ ਸਨ । ਪਰਮ ਪਦੁ—ਸਭ ਤੋਂ ਉੱਚਾ ਆਤਮਕ ਦਰਜਾ । ਗੁਰਿ—ਗੁਰੂ ਨੇ ।੧੦।

ਸਚੁ—ਸਦਾ-ਥਿਰ ਰਹਿਣ ਵਾਲੇ ਪ੍ਰਭੂ ਦਾ ਨਾਮ । ਚੀਨਹੁ—ਪਰਖੋ । ਰਿਦੈ—ਹਿਰਦੇ ਵਿਚ । ਜਪਿ—ਜਪ ਕੇ । ਅਕੁਲ—ਜਿਸ ਦੀ ਕੋਈ ਖ਼ਾਸ ਕੁਲ ਨਹੀਂ । ਨਿਰੰਜਨੁ—{ਨਿਰ-ਅੰਜਨ} ਮਾਇਆ ਦੇ ਪ੍ਰਭਾਵ ਤੋਂ ਉਤਾਂਹ ।੧੧।

ਪੰਚ—ਸਤ, ਸੰਤੋਖ, ਦਇਆ, ਧਰਮ, ਧੀਰਜ । ਸਖੇ—ਮਿੱਤਰ । ਅਗਨਿ—ਤ੍ਰਿਸ਼ਨਾ ਦੀ ਅੱਗ । ਮਨਿ—ਮਨ ਵਿਚ । ਮੁਖਿ—ਮੂੰਹ ਨਾਲ । ਨਾਮੁ ਜਗਜੀਵਨ—ਜਗਜੀਵਨ ਦਾ ਨਾਮ । ਅਲਖੁ—ਅਦ੍ਰਿਸ਼ਟ ।੧੨।

ਸਬਦਿ—ਗੁਰੂ ਦੇ ਸ਼ਬਦ ਵਿਚ । ਉਸਤਤਿ—ਖ਼ੁਸ਼ਾਮਦ । ਆਪੁ—ਆਪਣੇ ਆਪ ਨੂੰ । ਜਗਦੀਸਰੁ—ਜਗਤ ਦਾ ਈਸ਼ਰ, ਪ੍ਰਭੂ । ਮਨਿ—ਮਨ ਵਿਚ ।੧੩।

ਬ੍ਰਹਮੰਡਿ—ਜਗਤ ਵਿਚ । ਖੰਡਿ—ਸਰੀਰ ਵਿਚ ।੧੪।

ਸੁਚਾ—ਸੁੱਚਾ, ਪਵਿੱਤ੍ਰ ਕਰਨ ਵਾਲਾ । ਆਖੀ—ਅੱਖਾਂ ਨਾਲ । ਸ੍ਰਵਣੀ—ਕੰਨਾਂ ਨਾਲ ।੧੫।

ਅਰਥ :—(ਹੇ ਭਾਈ!) ਸਦਾ-ਥਿਰ ਰਹਿਣ ਵਾਲੇ ਪਰਮਾਤਮਾ ਦਾ ਨਾਮ ਸਿਮਰੋ, (ਸਿਮਰਨ ਦੀ ਬਰਕਤਿ ਨਾਲ ਉਸ) ਸਦਾ-ਥਿਰ ਪ੍ਰਭੂ ਦੀ ਹਜ਼ੂਰੀ ਵਿਚ ਥਾਂ ਮਿਲੀ ਰਹੇਗੀ, ਜੀਵਨ-ਸਫ਼ਰ ਵਿਚ ਵਿਕਾਰਾਂ ਦੇ ਹੱਲੇ ਤੋਂ ਬਚੇ ਰਹੋਗੇ, ਤੇ ਸੰਸਾਰ-ਸਮੁੰਦਰ ਤੋਂ ਪਾਰ ਲੰਘ ਜਾਵੋਗੇ । ਹੇ ਮਨ! (ਸੰਸਾਰ-ਸਮੁੰਦਰ ਤੋਂ ਪਾਰ ਲੰਘਣ ਲਈ) ਗੁਰੂ ਜਹਾਜ਼ ਹੈ, ਗੁਰੂ ਬੇੜੀ ਹੈ, ਗੁਰੂ ਤੁਲਹਾ ਹੈ, (ਗੁਰੂ ਦੀ ਸਰਨ ਪੈ ਕੇ) ਹਰਿ-ਨਾਮ ਜਪ, (ਜਿਸ ਜਿਸ ਨੇ ਜਪਿਆ ਹੈ ਗੁਰੂ ਨੇ ਉਸ ਨੂੰ) ਪਾਰ ਲੰਘਾ ਦਿੱਤਾ ਹੈ ।੧।

ਪਰਮਾਤਮਾ ਦਾ ਨਾਮ ਹਉਮੈ ਮਮਤਾ ਤੇ ਲੋਭ ਦਾ ਨਾਸ ਕਰਨ ਵਾਲਾ ਹੈ, (ਨਾਮ ਸਿਮਰਨ ਦੀ ਬਰਕਤਿ ਨਾਲ) ਸਰੀਰ ਦੀਆਂ ਨੌ ਗੋਲਕਾਂ ਦੇ ਵਿਸ਼ਿਆਂ ਤੋਂ ਖ਼ਲਾਸੀ ਮਿਲੀ ਰਹਿੰਦੀ ਹੈ, ਸੁਰਤਿ ਦਸਵੇਂ ਦੁਆਰ ਵਿਚ ਟਿਕੀ ਰਹਿੰਦੀ ਹੈ (ਭਾਵ, ਦਸਵੇਂ ਦੁਆਰ ਦੀ ਰਾਹੀਂ ਪਰਮਾਤਮਾ ਨਾਲ ਸੰਬੰਧ ਬਣਿਆ ਰਹਿੰਦਾ ਹੈ) । ਜਿਸ ਪਰਮਾਤਮਾ ਨੇ ਆਪਣੇ ਆਪ ਨੂੰ (ਸ੍ਰਿਸ਼ਟੀ ਦੇ ਰੂਪ ਵਿਚ) ਪਰਗਟ ਕੀਤਾ ਹੈ ਜੋ ਪਰੇ ਤੋਂ ਪਰੇ ਹੈ ਤੇ ਬੇਅੰਤ ਹੈ ਉਹ ਉਸ ਦਸਮ ਦੁਆਰ ਵਿਚ ਪ੍ਰਤੱਖ ਹੋ ਜਾਂਦਾ ਹੈ ।੨।

(ਹੇ ਭਾਈ!) ਗੁਰੂ ਦੀ ਮਤਿ ਗ੍ਰਹਿਣ ਕਰੋ (ਗੁਰੂ ਦੀ ਮਤਿ ਦੀ ਰਾਹੀਂ) ਪਰਮਾਤਮਾ ਵਿਚ ਸੁਰਤਿ ਜੋੜਿਆਂ ਸੰਸਾਰ-ਸਮੁੰਦਰ ਤੋਂ ਪਾਰ ਲੰਘ ਜਾਈਦਾ ਹੈ । (ਇਕ-ਰਸ ਵਿਆਪਕ) ਅਖੰਡ ਪ੍ਰਭੂ ਦੀ ਸਿਫ਼ਤਿ-ਸਾਲਾਹ ਕੀਤਿਆਂ ਜਮ ਤੋਂ ਡਰਨ ਦੀ ਲੋੜ ਨਹੀਂ ਰਹਿ ਜਾਂਦੀ । (ਹੇ ਪ੍ਰਭੂ! ਇਹ ਤੇਰੇ ਸਿਮਰਨ ਦਾ ਹੀ ਸਦਕਾ ਹੈ ਕਿ) ਮੈਂ ਜਿਧਰ ਜਿਧਰ ਵੇਖਦਾ ਹਾਂ ਉਧਰ ਉਧਰ ਤੂੰ ਹੀ ਤੂੰ ਦਿੱਸਦਾ ਹੈਂ । ਮੈਨੂੰ ਤੇਰੇ ਵਰਗਾ ਕੋਈ ਹੋਰ ਨਹੀਂ ਦਿੱਸਦਾ, ਮੈਂ ਤੇਰੀ ਹੀ ਸਿਫ਼ਤਿ-ਸਾਲਾਹ ਕਰਦਾ ਹਾਂ ।੩।

ਪਰਮਾਤਮਾ ਦਾ ਨਾਮ ਸਦਾ-ਥਿਰ ਰਹਿਣ ਵਾਲਾ ਹੈ, ਉਸ ਦਾ ਆਸਰਾ-ਪਰਨਾ ਭੀ ਸਦਾ-ਥਿਰ ਰਹਿਣ ਵਾਲਾ ਹੈ । ਗੁਰੂ ਦਾ ਸ਼ਬਦ (ਭੀ) ਸਦਾ-ਥਿਰ ਰਹਿਣ ਵਾਲਾ (ਵਸੀਲਾ ਹੈ), ਸ਼ਬਦ ਵਿਚ ਜੁੜ ਕੇ ਹੀ ਸੰਸਾਰ-ਸਮੁੰਦਰ ਤੋਂ ਪਾਰ ਲੰਘੀਦਾ ਹੈ । ਪਰਮਾਤਮਾ ਦਾ ਸਰੂਪ ਬਿਆਨ ਤੋਂ ਪਰੇ ਹੈ, ਜੋ ਮਨੁੱਖ ਉਸ ਪਰੇ ਤੋਂ ਪਰੇ ਪਰਮਾਤਮਾ ਦੀ ਸਿਫ਼ਤਿ-ਸਾਲਾਹ ਕਰਦਾ ਹੈ ਉਹ ਉਸ ਦਾ ਦਰਸ਼ਨ ਕਰ ਲੈਂਦਾ ਹੈ, ਉਹ ਮਨੁੱਖ ਫਿਰ ਗਰਭ-ਜੋਨਿ ਵਿਚ ਨਹੀਂ ਆਉਂਦਾ ।੪।

ਸਦਾ-ਥਿਰ ਪ੍ਰਭੂ ਦਾ ਨਾਮ ਸਿਮਰਨ ਤੋਂ ਬਿਨਾ (ਕੋਈ ਮਨੁੱਖ ਦੂਜਿਆਂ ਦੀ) ਸੇਵਾ ਤੇ ਸੰਤੋਖ (ਦਾ ਆਤਮਕ ਗੁਣ) ਪ੍ਰਾਪਤ ਨਹੀਂ ਕਰ ਸਕਦਾ । ਗੁਰੂ ਦੀ ਸਰਨ ਤੋਂ ਬਿਨਾ ਵਿਕਾਰਾਂ ਤੋਂ ਖ਼ਲਾਸੀ ਨਹੀਂ ਮਿਲਦੀ, ਮਨੁੱਖ ਜਨਮ ਮਰਨ ਦੇ ਗੇੜ ਵਿਚ ਪਿਆ ਰਹਿੰਦਾ ਹੈ । ਹੇ ਨਾਨਕ! ਹਰੀ ਦਾ ਨਾਮ ਸਿਮਰ ਜੋ ਸਭ ਮੰਤ੍ਰਾਂ ਦਾ ਮੂਲ ਹੈ ਤੇ ਜੋ ਸਭ ਰਸਾਂ ਦਾ ਸੋਮਾ ਹੈ । (ਜੇਹੜਾ ਮਨੁੱਖ ਗੁਰੂ ਦੀ ਸਰਨ ਪੈ ਕੇ ਨਾਮ ਸਿਮਰਦਾ ਹੈ) ਉਸ ਨੂੰ ਪੂਰਨ ਪ੍ਰਭੂ ਮਿਲ ਪੈਂਦਾ ਹੈ ।੫।

ਇਹ ਸੰਸਾਰ-ਸਮੁੰਦਰ ਬਹੁਤ ਹੀ ਡੂੰਘਾ ਹੈ ਤੇ (ਵਿਕਾਰਾਂ ਦੇ) ਜ਼ਹਿਰ ਨਾਲ ਭਰਿਆ ਹੋਇਆ ਹੈ । ਸਦਾ-ਥਿਰ ਪਰਮਾਤਮਾ ਦਾ ਨਾਮ ਸਿਮਰਨ ਤੋਂ ਬਿਨਾ ਇਸ ਵਿਚੋਂ ਪਾਰ ਨਹੀਂ ਲੰਘ ਸਕੀਦਾ । ਜੇਹੜਾ ਮਨੁੱਖ ਗੁਰੂ ਦੀ ਮਤਿ ਲੈਂਦਾ ਹੈ ਉਹ ਵਿਕਾਰਾਂ ਤੋਂ ਨਿਰਲੇਪ ਰਹਿੰਦਾ ਹੈ ਉਹ ਜ਼ਹਿਰ-ਭਰੇ ਸਮੁੰਦਰ ਤੋਂ ਉਤਾਂਹ ਉਤਾਂਹ ਰਹਿੰਦਾ ਹੈ, ਉਸ ਨੂੰ ਪਰਮਾਤਮਾ ਲੱਭ ਪੈਂਦਾ ਹੈ ਤੇ ਉਹ ਅਜੇਹੇ (ਆਤਮਕ) ਟਿਕਾਣੇ ਵਿਚ ਪਹੁੰਚ ਜਾਂਦਾ ਹੈ ਜਿਥੇ ਉਹ ਵਿਕਾਰਾਂ ਦੇ ਡਰ-ਸਹਿਮ ਤੋਂ ਪਰੇ ਹੋ ਜਾਂਦਾ ਹੈ ।੬।

ਜਗਤ ਦੇ (ਪਦਾਰਥਾਂ ਦੇ) ਮੋਹ ਦੀ ਸਿਆਣਪ ਵਿਅਰਥ ਹੀ ਜਾਂਦੀ ਹੈ ਕਿਉਂਕਿ (ਜਗਤ ਦੀ ਮਾਇਆ ਦਾ ਸਾਥ ਮੁੱਕਦਿਆਂ) ਰਤਾ ਚਿਰ ਨਹੀਂ ਲੱਗਦਾ ਤੇ ਮਨੁੱਖ ਇਸ ਮੋਹ ਦੇ ਕਾਰਨ ਜਨਮ ਮਰਨ ਵਿਚ ਪੈ ਜਾਂਦਾ ਹੈ । ਮਾਇਆ ਦਾ ਮਾਣ ਕਰਨ ਵਾਲੇ ਬੰਦੇ ਪਰਮਾਤਮਾ ਦਾ ਨਾਮ ਭੁਲਾ ਕੇ (ਇਥੋਂ ਖ਼ਾਲੀ ਹੱਥ) ਤੁਰ ਪੈਂਦੇ ਹਨ । (ਜੋ ਭੀ ਪ੍ਰਭੂ ਦਾ ਨਾਮ ਵਿਸਾਰਦਾ ਹੈ ਉਹ) ਜੰਮਦਾ ਹੈ ਮਰਦਾ ਹੈ ਜੰਮਦਾ ਹੈ ਮਰਦਾ ਹੈ ਤੇ ਖ਼ੁਆਰ ਹੁੰਦਾ ਹੈ ।੭।

ਜਿਨ੍ਹਾਂ ਬੰਦਿਆਂ ਦੇ ਗਲ ਵਿਚ ਹਉਮੈ ਤੇ ਮਾਇਆ ਦੇ ਮੋਹ ਦੇ ਫਾਹੇ ਪਏ ਰਹਿੰਦੇ ਹਨ, ਉਹ ਇਹਨਾਂ ਬੰਧਨਾਂ ਵਿਚ ਬੱਝੇ ਹੋਏ ਜਨਮ ਮਰਨ ਦੇ ਗੇੜ ਵਿਚ ਪਏ

ਰਹਿੰਦੇ ਹਨ । ਜਿਸ ਮਨੁੱਖ ਨੂੰ ਸਤਿਗੁਰੂ ਦੀ ਮਤਿ ਦੀ ਰਾਹੀਂ ਪਰਮਾਤਮਾ ਦਾ ਨਾਮ ਪ੍ਰਾਪਤ ਨਹੀਂ ਹੋਇਆ, ਉਸ ਮੋਹ ਦੇ ਬੰਧਨਾਂ ਵਿਚ ਬੱਝ ਕੇ ਜਮ ਦੇ ਸ਼ਹਿਰ ਵਿਚ ਧੱਕਿਆ ਜਾਂਦਾ ਹੈ ।੮।

ਗੁਰੂ ਦੀ ਸਰਨ ਤੋਂ ਬਿਨਾ (ਹਉਮੈ ਮਾਇਆ ਦੇ ਬੰਧਨਾਂ ਤੋਂ) ਖ਼ਲਾਸੀ ਕਿਸੇ ਭੀ ਹਾਲਤ ਵਿਚ ਨਹੀਂ ਮਿਲ ਸਕਦੀ, ਕਿਉਂਕਿ ਗੁਰੂ ਦੀ ਸਰਨ ਆਉਣ ਤੋਂ ਬਿਨਾ ਪਰਮਾਤਮਾ ਦਾ ਨਾਮ ਸਿਮਰਿਆ ਨਹੀਂ ਜਾ ਸਕਦਾ । (ਹੇ ਭਾਈ!) ਗੁਰੂ ਦੀ ਮਤਿ ਤੇ ਤੁਰ ਕੇ (ਨਾਮ ਸਿਮਰੋ, ਇਸ ਤਰ੍ਹਾਂ) ਉਸ ਸੰਸਾਰ-ਸਮੁੰਦਰ ਵਿਚੋਂ ਪਾਰ ਲੰਘ ਜਾਵੋਗੇ ਜਿਸ ਵਿਚੋਂ ਪਾਰ ਲੰਘਣਾ ਬਹੁਤ ਹੀ ਔਖਾ ਹੈ । ਜੇਹੜੇ ਬੰਦੇ (ਨਾਮ ਸਿਮਰ ਕੇ) ਵਿਕਾਰਾਂ ਵਿਚੋਂ ਬੱਚ ਨਿਕਲੇ ਉਹਨਾਂ ਨੂੰ ਆਤਮਕ ਆਨੰਦ ਪ੍ਰਾਪਤ ਹੋ ਗਿਆ ।੯।

ਗੁਰੂ ਦੀ ਮਤਿ ਤੇ ਤੁਰ ਕੇ ਨਾਮ ਸਿਮਰਿਆਂ ਬੜੀ ਉੱਚੀ ਆਤਮਕ ਅਵਸਥਾ ਹਾਸਲ ਹੋ ਜਾਂਦੀ ਹੈ (ਬੜਾ ਆਤਮਕ ਬਲ ਪ੍ਰਾਪਤ ਹੋ ਜਾਂਦਾ ਹੈ) ਇਸੇ ਗੁਰਮਤਿ ਦੀ ਬਰਕਤਿ ਨਾਲ ਕ੍ਰਿਸ਼ਨ (ਜੀ) ਨੇ ਗੋਵਰਧਨ ਪਹਾੜ ਨੂੰ (ਉਂਗਲਾਂ ਤੇ) ਚੁੱਕ ਲਿਆ ਸੀ ਤੇ (ਸ੍ਰੀ ਰਾਮ ਚੰਦ੍ਰ ਜੀ ਨੇ) ਪੱਥਰ ਸਮੁੰਦਰ ਉੱਤੇ ਤਾਰ ਦਿੱਤੇ ਸਨ । ਹੇ ਨਾਨਕ! (ਜੋ ਭੀ ਮਨੁੱਖ ਗੁਰੂ ਦੀ ਸਰਨ ਆਇਆ) ਗੁਰੂ ਨੇ ਉਸ ਦੀ ਭਟਕਣਾ ਮੁਕਾ ਦਿੱਤੀ ।੧੦।

(ਹੇ ਭਾਈ!) ਗੁਰੂ ਦੀ ਮਤਿ ਗ੍ਰਹਿਣ ਕਰੋ ਤੇ ਸਦਾ-ਥਿਰ ਪ੍ਰਭੂ ਦਾ ਨਾਮ ਸਿਮਰੋ, ਇਸ ਤਰ੍ਹਾਂ ਸੰਸਾਰ-ਸਮੁੰਦਰ ਤੋਂ ਪਾਰ ਲੰਘਣ ਲਈ ਤਾਰੀ ਤਰੋ । ਆਪਣੇ ਆਤਮਕ ਜੀਵਨ ਨੂੰ ਗਹੁ ਨਾਲ ਵੇਖੋ ਤੇ ਪਰਮਾਤਮਾ ਨੂੰ ਆਪਣੇ ਹਿਰਦੇ ਵਿਚ ਵਸਾਓ । ਪਰਮਾਤਮਾ ਦਾ ਨਾਮ ਜਪ ਕੇ ਜਪ ਦੇ ਦੇਸ ਲੈ ਜਾਣ ਵਾਲੇ ਬੰਧਨ ਕੱਟੇ ਜਾਂਦੇ ਹਨ । ਜੇਹੜਾ ਭੀ ਮਨੁੱਖ ਨਾਮ ਜਪਦਾ ਹੈ ਉਸ ਨੂੰ ਉਹ ਪਰਮਾਤਮਾ ਮਿਲ ਪੈਂਦਾ ਹੈ ਜਿਸ ਦੀ ਕੋਈ ਖ਼ਾਸ ਕੁਲ ਨਹੀਂ ਹੈ ਤੇ ਜੋ ਮਾਇਆ ਦੇ ਪ੍ਰਭਾਵ ਤੋਂ ਉਤਾਂਹ ਹੈ ।੧੧।

ਗੁਰੂ ਦੀ ਮਤਿ ਤੇ ਤੁਰਿਆਂ ਸਤ ਸੰਤੋਖ ਆਦਿਕ ਪੰਜੇ ਮਨੁੱਖ ਦੇ ਆਤਮਕ ਸਾਥੀ ਬਣ ਜਾਂਦੇ ਹਨ ਗੁਰ-ਭਾਈ ਬਣ ਜਾਂਦੇ ਹਨ । ਗੁਰੂ ਦੀ ਮਤਿ ਤ੍ਰਿਸ਼ਨਾ ਦੀ ਅੱਗ ਨੂੰ ਦੂਰ ਕਰ ਕੇ ਪ੍ਰਭੂ ਦੇ ਨਾਮ ਵਿਚ ਜੋੜ ਦੇਂਦੀ ਹੈ । (ਹੇ ਭਾਈ!) ਜਗਤ ਦੇ ਜੀਵਨ ਪ੍ਰਭੂ ਦਾ ਨਾਮ ਆਪਣੇ ਮਨ ਵਿਚ ਆਪਣੇ ਮੂੰਹ ਨਾਲ ਜਪਦੇ ਰਹੋ । (ਜੇਹੜਾ ਮਨੁੱਖ ਜਪਦਾ ਹੈ ਉਹ) ਆਪਣੇ ਹਿਰਦੇ ਵਿਚ ਅਦ੍ਰਿਸ਼ਟ ਪ੍ਰਭੂ ਦਾ ਦਰਸ਼ਨ ਕਰ ਲੈਂਦਾ ਹੈ ।੧੨।

ਜੇਹੜਾ ਮਨੁੱਖ ਗੁਰੂ ਦੀ ਸਰਨ ਪੈ ਕੇ (ਇਹ ਜੀਵਨ-ਜੁਗਤਿ) ਸਮਝ ਲੈਂਦਾ ਹੈ ਉਹ ਗੁਰੂ ਦੇ ਸ਼ਬਦ ਵਿਚ ਜੁੜ ਕੇ ਆਤਮਕ ਸ਼ਾਂਤੀ ਹਾਸਲ ਕਰ ਲੈਂਦਾ ਹੈ । ਇਹ ਫਿਰ ਨਾਹ ਕਿਸੇ ਦੀ ਖ਼ੁਸ਼ਾਮਦ ਕਰਦਾ ਹੈ ਨਾਹ ਕਿਸੇ ਦੀ ਨਿੰਦਿਆ ਕਰਦਾ ਹੈ । (ਹੇ ਭਾਈ!) ਆਪਣੇ ਆਤਮਕ ਜੀਵਨ ਨੂੰ ਪੜਤਾਲਦੇ ਰਹੋ, ਤੇ ਜਗਤ ਦੇ ਮਾਲਕ (ਦਾ ਨਾਮ) ਜਪਦੇ ਰਹੋ । (ਜੇਹੜਾ ਮਨੁੱਖ ਨਾਮ ਜਪਦਾ ਹੈ ਉਸ ਨੂੰ ਜਗਤ ਦਾ ਨਾਥ ਹਰੀ ਆਪਣੇ ਮਨ ਵਿਚ ਪਿਆਰਾ ਲੱਗਣ ਲੱਗ ਪੈਂਦਾ ਹੈ ।੧੩।

ਜੇਹੜਾ ਪਰਮਾਤਮਾ ਸਾਰੀ ਸ੍ਰਿਸ਼ਟੀ ਵਿਚ ਵੱਸਦਾ ਹੈ ਉਸ ਨੂੰ ਆਪਣੇ ਸਰੀਰ ਵਿਚ ਵੱਸਦਾ ਪਛਾਣੋ । ਗੁਰੂ ਦੀ ਸਰਨ ਪੈ ਕੇ ਇਹ ਭੇਤ ਸਮਝੋ, ਗੁਰੂ ਦੇ ਸ਼ਬਦ ਵਿਚ ਜੁੜ ਕੇ ਇਸ ਅਸਲੀਅਤ ਨੂੰ ਪਛਾਣੋ । ਦੁਨੀਆ ਦੇ ਸਾਰੇ ਪਦਾਰਥਾਂ ਨੂੰ ਮਾਣ ਸਕਣ ਵਾਲਾ ਪਰਮਾਤਮਾ ਹਰੇਕ ਸਰੀਰ ਵਿਚ ਵਿਆਪਕ ਹੋ ਕੇ ਸਾਰੇ ਭੋਗ ਭੋਗ ਰਿਹਾ ਹੈ, ਫਿਰ ਭੀ ਸਾਰੀ ਸ੍ਰਿਸ਼ਟੀ ਤੋਂ ਨਿਰਲੇਪ ਰਹਿੰਦਾ ਹੈ ।੧੪।

(ਹੇ ਭਾਈ!) ਗੁਰੂ ਦੀ ਮਤਿ ਦੀ ਰਾਹੀਂ ਪਰਮਾਤਮਾ ਦੀ ਸਿਫ਼ਤਿ-ਸਾਲਾਹ ਕਰੋ ਜੋ ਜੀਵਨ ਨੂੰ ਪਵਿੱਤ੍ਰ ਬਣਾ ਦੇਂਦੀ ਹੈ । ਗੁਰੂ ਦੀ ਸਿੱਖਿਆ ਤੇ ਤੁਰ ਕੇ ਉਸ ਸਭ ਤੋਂ ਉੱਚੇ ਪਰਮਾਤਮਾ ਨੂੰ ਆਪਣੀਆਂ ਅੱਖਾਂ ਨਾਲ (ਅੰਦਰ ਬਾਹਰ ਹਰ ਥਾਂ) ਵੇਖੋ । ਹੇ ਨਾਨਕ! ਜੇਹੜਾ ਮਨੁੱਖ ਆਪਣੇ ਕੰਨਾਂ ਨਾਲ ਪਰਮਾਤਮਾ ਦਾ ਨਾਮ ਸੁਣਦਾ ਹੈ ਪ੍ਰਭੂ ਦੀ ਸਿਫ਼ਤਿ-ਸਾਲਾਹ ਸੁਣਦਾ ਹੈ ਉਹ ਪਰਮਾਤਮਾ ਦੇ ਪ੍ਰੇਮ-ਰੰਗ ਵਿਚ ਰੰਗਿਆ ਜਾਂਦਾ ਹੈ ।੧੫।੩।੨੦।

ਮਾਰੂ ਮਹਲਾ ੧ ॥ ਕਾਮੁ ਕ੍ਰੋਧੁ ਪਰਹਰੁ ਪਰ ਨਿੰਦਾ ॥ ਲਬੁ ਲੋਭੁ ਤਜਿ ਹੋਹੁ ਨਿਚਿੰਦਾ ॥ ਭ੍ਰਮ ਕਾ ਸੰਗਲੁ ਤੋੜਿ ਨਿਰਾਲਾ ਹਰਿ ਅੰਤਰਿ ਹਰਿ ਰਸੁ ਪਾਇਆ ॥੧॥ ਨਿਸਿ ਦਾਮਨਿ ਜਿਉ ਚਮਕਿ ਚੰਦਾਇਣੁ ਦੇਖੈ ॥ ਅਹਿਨਿਸਿ ਜੋਤਿ ਨਿਰੰਤਰਿ ਪੇਖੈ ॥ ਆਨੰਦ ਰੂਪੁ ਅਨੂਪੁ ਸਰੂਪਾ ਗੁਰਿ ਪੂਰੈ ਦੇਖਾਇਆ ॥੨॥ ਸਤਿਗੁਰ ਮਿਲਹੁ ਆਪੇ ਪ੍ਰਭੁ ਤਾਰੇ ॥ ਸਸਿ ਘਰਿ ਸੂਰੁ ਦੀਪਕੁ ਗੈਣਾਰੇ ॥ ਦੇਖਿ ਅਦਿਸਟੁ ਰਹਹੁ ਲਿਵ ਲਾਗੀ ਸਭੁ ਤ੍ਰਿਭਵਣਿ ਬ੍ਰਹਮੁ ਸਬਾਇਆ ॥੩॥ ਅੰਮ੍ਰਿਤ ਰਸੁ ਪਾਏ ਤ੍ਰਿਸਨਾ ਭਉ ਜਾਏ ॥ ਅਨਭਉ ਪਦੁ ਪਾਵੈ ਆਪੁ ਗਵਾਏ ॥ ਊਚੀ ਪਦਵੀ ਊਚੋ ਊਚਾ ਨਿਰਮਲ ਸਬਦੁ ਕਮਾਇਆ ॥੪॥ ਅਦ੍ਰਿਸਟ ਅਗੋਚਰੁ ਨਾਮੁ ਅਪਾਰਾ ॥ ਅਤਿ ਰਸੁ ਮੀਠਾ ਨਾਮੁ ਪਿਆਰਾ ॥ ਨਾਨਕ ਕਉ ਜੁਗਿ ਜੁਗਿ ਹਰਿ ਜਸੁ ਦੀਜੈ ਹਰਿ ਜਪੀਐ ਅੰਤੁ ਨ ਪਾਇਆ ॥੫॥ ਅੰਤਰਿ ਨਾਮੁ ਪਰਾਪਤਿ ਹੀਰਾ ॥ ਹਰਿ ਜਪਤੇ ਮਨੁ ਮਨ ਤੇ ਧੀਰਾ ॥ ਦੁਘਟ ਘਟ ਭਉ ਭੰਜਨੁ ਪਾਈਐ ਬਾਹੁੜਿ ਜਨਮਿ ਨ ਜਾਇਆ ॥੬॥ ਭਗਤਿ ਹੇਤਿ ਗੁਰ ਸਬਦਿ ਤਰੰਗਾ ॥ ਹਰਿ ਜਸੁ ਨਾਮੁ ਪਦਾਰਥੁ ਮੰਗਾ ॥ ਹਰਿ ਭਾਵੈ ਗੁਰ ਮੇਲਿ ਮਿਲਾਏ ਹਰਿ ਤਾਰੇ ਜਗਤੁ ਸਬਾਇਆ ॥੭॥ ਜਿਨਿ ਜਪੁ ਜਪਿਓ ਸਤਿਗੁਰ ਮਤਿ ਵਾ ਕੇ ॥ ਜਮ ਕੰਕਰ ਕਾਲੁ ਸੇਵਕ ਪਗ ਤਾ ਕੇ ॥ ਊਤਮ ਸੰਗਤਿ ਗਤਿ ਮਿਤਿ ਊਤਮ ਜਗੁ ਭਉਜਲੁ ਪਾਰਿ ਤਰਾਇਆ ॥੮॥ ਇਹੁ ਭਵਜਲੁ ਜਗਤੁ ਸਬਦਿ ਗੁਰ ਤਰੀਐ ॥ ਅੰਤਰ ਕੀ ਦੁਬਿਧਾ ਅੰਤਰਿ ਜਰੀਐ ॥ ਪੰਚ ਬਾਣ ਲੇ ਜਮ ਕਉ ਮਾਰੈ ਗਗਨੰਤਰਿ ਧਣਖੁ ਚੜਾਇਆ ॥੯॥ ਸਾਕਤ ਨਰਿ ਸਬਦ ਸੁਰਤਿ ਕਿਉ ਪਾਈਐ ॥ ਸਬਦੁ ਸੁਰਤਿ ਬਿਨੁ ਆਈਐ ਜਾਈਐ ॥ ਨਾਨਕ ਗੁਰਮੁਖਿ ਮੁਕਤਿ ਪਰਾਇਣੁ ਹਰਿ ਪੂਰੈ ਭਾਗਿ ਮਿਲਾਇਆ ॥੧੦॥ ਨਿਰਭਉ ਸਤਿਗੁਰੁ ਹੈ ਰਖਵਾਲਾ ॥ ਭਗਤਿ ਪਰਾਪਤਿ ਗੁਰ ਗੋਪਾਲਾ ॥ ਧੁਨਿ ਅਨੰਦ ਅਨਾਹਦੁ ਵਾਜੈ ਗੁਰ ਸਬਦਿ ਨਿਰੰਜਨੁ ਪਾਇਆ ॥੧੧॥ ਨਿਰਭਉ ਸੋ ਸਿਰਿ ਨਾਹੀ ਲੇਖਾ ॥ ਆਪਿ ਅਲੇਖੁ ਕੁਦਰਤਿ ਹੈ ਦੇਖਾ ॥ ਆਪਿ ਅਤੀਤੁ ਅਜੋਨੀ ਸੰਭਉ ਨਾਨਕ ਗੁਰਮਤਿ ਸੋ ਪਾਇਆ ॥੧੨॥ ਅੰਤਰ ਕੀ ਗਤਿ ਸਤਿਗੁਰੁ ਜਾਣੈ ॥ ਸੋ ਨਿਰਭਉ ਗੁਰ ਸਬਦਿ ਪਛਾਣੈ ॥ ਅੰਤਰੁ ਦੇਖਿ ਨਿਰੰਤਰਿ ਬੂਝੈ ਅਨਤ ਨ ਮਨੁ ਡੋਲਾਇਆ ॥੧੩॥ ਨਿਰਭਉ ਸੋ ਅਭ ਅੰਤਰਿ ਵਸਿਆ ॥ ਅਹਿਨਿਸਿ ਨਾਮਿ ਨਿਰੰਜਨ ਰਸਿਆ ॥ ਨਾਨਕ ਹਰਿ ਜਸੁ ਸੰਗਤਿ ਪਾਈਐ ਹਰਿ ਸਹਜੇ ਸਹਜਿ ਮਿਲਾਇਆ ॥੧੪॥ ਅੰਤਰਿ ਬਾਹਰਿ ਸੋ ਪ੍ਰਭੁ ਜਾਣੈ ॥ ਰਹੈ ਅਲਿਪਤੁ ਚਲਤੇ ਘਰਿ ਆਣੈ ॥ ਊਪਰਿ ਆਦਿ ਸਰਬ ਤਿਹੁ ਲੋਈ ਸਚੁ ਨਾਨਕ ਅੰਮ੍ਰਿਤ ਰਸੁ ਪਾਇਆ ॥੧੫॥੪॥੨੧॥ {ਪੰਨਾ ੧੦੪੧-੧੦੪੨}

ਪਦ ਅਰਥ :—ਪਰਹਰੁ—ਤਿਆਗ ਦੇਹ । ਪਰ—ਪਰਾਈ । ਤਜਿ—ਤਜ ਕੇ, ਤਿਆਗ ਕੇ । ਨਿਚਿੰਦਾ—ਨਿਸਚਿੰਤ, ਬੇ-ਫ਼ਿਕਰ ।੧।

ਨਿਸਿ—ਰਾਤ ਵੇਲੇ । ਦਾਮਨਿ—ਬਿਜਲੀ । ਚੰਦਾਇਣੁ—ਚਾਨਣਾ । ਅਹਿ—ਦਿਨ । ਨਿਰੰਤਰਿ—{ਨਿਰ-ਅੰਤਰ} ਇਕ-ਰਸ, ਵਿਆਪਕ, ਹਰ ਥਾਂ । ਗੁਰਿ—ਗੁਰੂ ਨੇ ।੨।

ਸਸਿ—ਚੰਦ੍ਰਮਾ । ਸਸਿ ਘਰਿ—ਚੰਦ੍ਰਮਾ ਦੇ ਘਰ ਵਿਚ, ਹਿਰਦੇ ਵਿਚ । ਸੂਰੁ—ਸੂਰਜ, ਪ੍ਰਕਾਸ਼ । ਗੈਣਾਰੇ—ਹਿਰਦੇ-ਆਕਾਸ਼ ਵਿਚ । ਦੀਪਕੁ—ਦੀਵਾ । ਦੇਖਿ—ਵੇਖ ਕੇ । ਸਭੁ—ਹਰ ਥਾਂ । ਤ੍ਰਿਭਵਣਿ—ਤਿੰਨ ਭਵਨਾਂ ਵਾਲੇ ਜਗਤ ਵਿਚ । ਸਬਾਇਆ—ਸਭ ਥਾਂ, ਸਾਰੇ ।੩।

ਅਨਭਉ ਪਦੁ—ਉਹ ਆਤਮਕ ਅਵਸਥਾ ਜਿਥੇ ਮਨੁੱਖ ਦੇ ਅੰਦਰ ਉੱਚੀ ਸੂਝ ਪੈਦਾ ਹੁੰਦੀ ਹੈ । ਆਪੁ—ਆਪਾ-ਭਾਵ । ਪਦਵੀ—ਦਰਜਾ ।੪।

ਅਗੋਚਰੁ—{ਅ-ਗੋ-ਚਰੁ । ਗੋ—ਗਿਆਨ ਇੰਦ੍ਰੇ । ਚਰੁ—ਪਹੁੰਚ ।} ਜਿਸ ਤਕ ਇੰਦ੍ਰਿਆਂ ਦੀ ਪਹੁੰਚ ਨਹੀਂ ਹੋ ਸਕਦੀ । ਜੁਗਿ ਜੁਗਿ—ਹਰੇਕ ਜੁਗ ਵਿਚ, ਸਦਾ ਹੀ । ਜਸੁ—ਸਿਫ਼ਤਿ-ਸਾਲਾਹ ।੫।

ਮਨ ਤੇ—ਮਨ ਤੋਂ । ਧੀਰਾ—ਧਰਵਾਸ ਵਾਲਾ ਹੋ ਗਿਆ, ਟਿਕ ਗਿਆ । ਦੁਘਟ—ਦੁਧ਼ਲਟ} ਔਖਾ । ਘਟ—ਰਸਤਾ । ਭਉ ਭੰਜਨੁ—ਡਰ ਨਾਸ ਕਰਨ ਵਾਲਾ ਪ੍ਰਭੂ । ਬਾਹੁੜਿ—ਮੁੜ, ਫਿਰ ।੬।

ਭਗਤਿ ਹੇਤਿ—ਭਗਤੀ ਦੀ ਖ਼ਾਤਰ, ਭਗਤੀ ਕਰਨ ਵਾਲੇ । ਗੁਰ ਸਬਦਿ—ਗੁਰੂ ਦੇ ਸ਼ਬਦ ਵਿਚ (ਜੁੜ ਕੇ) । ਤਰੰਗ—ਲਹਿਰਾਂ, ਵਲਵਲੇ, ਉਤਸ਼ਾਹ । ਮੰਗਾ—ਮੈਂ ਮੰਗਦਾ ਹਾਂ । ਗੁਰ ਮੇਲਿ—ਗੁਰੂ ਦੀ ਸੰਗਤਿ ਵਿਚ ।੭।

ਜਿਨਿ—ਜਿਸ (ਮਨੁੱਖ) ਨੇ । ਵਾ ਕੇ—ਉਸ ਦੇ (ਪਾਸ) । ਕੰਕਰ—{ਕਿਜ਼ਕਰ} ਦਾਸ, ਸੇਵਕ । ਪਗ ਤਾ ਕੇ—ਉਸ ਦੇ ਪੈਰਾਂ ਦੇ । ਗਤਿ—ਆਤਮਕ ਅਵਸਥਾ । ਮਿਤਿ—ਮਰਯਾਦਾ, ਰਹਿਣੀ-ਬਹਿਣੀ ।੮।

ਦੁਬਿਧਾ—ਮਾਨਸਕ ਖਿਚੋਤਾਣ, ਅਸ਼ਾਂਤੀ । ਜਰੀਐ—ਸਾੜ ਲਈਦੀ ਹੈ । ਪੰਚ ਬਾਣ—ਪੰਜ ਤੀਰ (ਸਤ, ਸੰਤੋਖ, ਦਇਆ, ਧਰਮ, ਧੀਰਜ) । ਗਗਨੰਤਰਿ—ਗਗਨ ਅੰਤਰਿ, ਚਿੱਤ-ਆਕਾਸ਼ ਵਿਚ । ਚੜਾਇਆ—ਕੱਸ ਲਿਆ, ਨਿਸ਼ਾਨਾ ਬੱਧਾ ।੯।

ਸਾਕਤ ਨਰਿ—ਸਾਕਤ ਮਨੁੱਖ ਵਿਚ, ਮਾਇਆ-ਵੇੜ੍ਹੇ ਮਨੁੱਖ ਦੇ ਅੰਦਰ । ਸੁਰਤਿ—ਲਗਨ । ਪਰਾਇਣੁ—ਆਸਰਾ ।੧੦।

ਧੁਨਿ—ਰੌ, ਆਵਾਜ਼ {✓ਵਿਨਿ} । ਅਨਾਹਦੁ—ਇਕ-ਰਸ, ਸਦਾ ਲਗਾਤਾਰ । ਵਾਜੈ—ਵੱਜਦੀ ਹੈ, ਆਪਣਾ ਪ੍ਰਭਾਵ ਪਾਂਦੀ ਹੈ । ਸਬਦਿ—ਸ਼ਬਦ ਦੀ ਰਾਹੀਂ ।੧੧।

ਸਿਰਿ—ਸਿਰ ਉਤੇ । ਲੇਖਾ—ਕੀਤੇ ਕਰਮਾਂ ਦਾ ਹਿਸਾਬ । ਅਲੇਖੁ—ਜਿਸ ਦੀ ਤਸਵੀਰ ਨਾਹ ਬਣਾਈ ਜਾ ਸਕੇ । ਸੰਭਉ—{Ôਵਯਜ਼ਭੁ} ਆਪਣੇ ਆਪ ਤੋਂ ਪਰਗਟ ਹੋਣ ਵਾਲਾ ।੧੨।

ਅੰਤਰ—{ਨੋਟ :—ਇਸ ਸੋਲਹੇ ਵਿਚ ਆਏ ਲਫ਼ਜ਼ 'ਅੰਤਰ, ਅੰਤਰੁ ਅਤੇ ਅੰਤਰਿ' ਗਹੁ ਨਾਲ ਵਿਚਾਰਨ-ਜੋਗ ਹਨ} । ਅੰਤਰੁ—ਅੰਦਰਲਾ, ਹਿਰਦਾ । ਅਨਤ—{ਅੰਯ} ਕਿਸੇ ਹੋਰ ਪਾਸੇ ।੧੩।

ਅਭ ਅੰਤਰਿ—{ਅË ਯੰਤਰ—ਠਹਏ ਨਿਸਦਿਏ ਡ ਓਨੇਟਹਨਿਗ; ਮਨਿਦ} ਮਨ ਵਿਚ, ਹਿਰਦੇ ਵਿਚ । ਸਹਜਿ—ਆਤਮਕ ਅਡੋਲਤਾ ਵਿਚ ।੧੪।

ਅਲਿਪਤੁ—ਨਿਰਲੇਪ । ਚਲਤੇ—ਚੰਚਲ ਮਨ ਨੂੰ । ਘਰਿ—ਘਰ ਵਿਚ । ਆਣੈ—ਲਿਆਉਂਦਾ ਹੈ । ਸਚੁ—ਸਦਾ-ਥਿਰ ਰਹਿਣ ਵਾਲਾ ਪ੍ਰਭੂ । ਤਿਹੁ ਲੋਈ—ਤਿੰਨਾਂ ਲੋਕਾਂ ਵਿਚ ।੧੫।

ਅਰਥ :—(ਹੇ ਭਾਈ ! ਆਪਣੇ ਅੰਦਰੋਂ) ਕਾਮ ਕ੍ਰੋਧ ਤੇ ਪਰਾਈ ਨਿੰਦਿਆ ਦੂਰ ਕਰ, ਲੱਬ ਅਤੇ ਲੋਭ ਤਿਆਗ ਕੇ ਨਿਸਚਿੰਤ ਹੋ ਜਾ (ਭਾਵ, ਜੇ ਤੂੰ ਕਾਮ, ਕ੍ਰੋਧ, ਪਰਾਈ ਨਿੰਦਿਆ, ਲੱਬ ਅਤੇ ਲੋਭ ਦੂਰ ਕਰ ਲਏਂਗਾ, ਤਾਂ ਤੇਰਾ ਮਨ ਹਰ ਵੇਲੇ ਸ਼ਾਂਤ ਰਹੇਗਾ) । ਜੇਹੜਾ ਮਨੁੱਖ (ਇਹਨਾਂ ਵਿਕਾਰਾਂ ਕਈ ਕਿਸਮਾਂ ਦੀਆਂ) ਭਟਕਣਾਂ ਦਾ ਜ਼ੰਜੀਰ ਤੋੜ ਕੇ ਨਿਰਲੇਪ ਹੋ ਜਾਂਦਾ ਹੈ ਉਹ ਪਰਮਾਤਮਾ ਨੂੰ ਆਪਣੇ ਅੰਦਰ ਹੀ ਲੱਭ ਲੈਂਦਾ ਹੈ, ਉਹ ਪਰਮਾਤਮਾ ਦਾ ਨਾਮ-ਰਸ ਪ੍ਰਾਪਤ ਕਰਦਾ ਹੈ ।੧।

ਜਿਵੇਂ ਰਾਤ ਵੇਲੇ ਬਿਜਲੀ ਦੀ ਚਮਕ ਨਾਲ ਮਨੁੱਖ (ਹਨੇਰੇ ਵਿਚ) ਚਾਨਣ ਵੇਖ ਲੈਂਦਾ ਹੈ, ਇਸੇ ਤਰ੍ਹਾਂ (ਗੁਰੂ ਦੀ ਸਰਨ ਪੈ ਕੇ ਸਿਮਰਨ ਦੀ ਬਰਕਤਿ ਨਾਲ) ਦਿਨ ਰਾਤ (ਹਰ ਵੇਲੇ) ਪਰਮਾਤਮਾ ਦੀ ਜੋਤਿ ਨੂੰ ਹਰ ਥਾਂ ਵਿਆਪਕ ਦੇਖ ਸਕਦਾ ਹੈ । ਉਹ ਆਨੰਦ-ਰੂਪ ਤੇ ਸੁੰਦਰ-ਸਰੂਪ ਪ੍ਰਭੂ (ਜਿਸ ਕਿਸੇ ਨੇ ਵੇਖਿਆ ਹੈ) ਪੂਰੇ ਗੁਰੂ ਨੇ ਹੀ ਵਿਖਾਇਆ ਹੈ ।੨।

(ਹੇ ਭਾਈ !) ਸਤਿਗੁਰੂ ਦੀ ਸਰਨ ਪਵੋ (ਜੇਹੜਾ ਮਨੁੱਖ ਗੁਰੂ ਨੂੰ ਮਿਲਦਾ ਹੈ ਉਸ ਨੂੰ) ਪਰਮਾਤਮਾ ਆਪ ਹੀ (ਸੰਸਾਰ-ਸਮੁੰਦਰ ਤੋਂ) ਪਾਰ ਲੰਘਾ ਲੈਂਦਾ ਹੈ, ਉਸ ਦੇ ਸਾਂਤ ਹਿਰਦੇ ਵਿਚ ਗਿਆਨ ਦਾ ਪ੍ਰਕਾਸ਼ ਹੋ ਜਾਂਦਾ ਹੈ, ਉਸ ਦੇ ਹਿਰਦੇ-ਆਕਾਸ਼ ਵਿਚ (ਮਾਨੋ) ਦੀਵਾ ਜਗ ਪੈਂਦਾ ਹੈ । (ਹੇ ਭਾਈ ! ਆਪਣੇ ਅੰਦਰ) ਅਦ੍ਰਿਸ਼ਟ ਪ੍ਰਭੂ ਨੂੰ ਵੇਖ ਕੇ ਉਸ ਵਿਚ ਸੁਰਤਿ ਜੋੜੀ ਰੱਖੋ । (ਜੇਹੜਾ ਮਨੁੱਖ ਇਹ ਉੱਦਮ ਕਰਦਾ ਹੈ ਉਸ ਨੂੰ) ਹਰ ਥਾਂ ਸਾਰੇ ਤ੍ਰਿਭਵਣੀ ਜਗਤ ਵਿਚ ਪਰਮਾਤਮਾ ਹੀ ਪਰਮਾਤਮਾ ਦਿੱਸਦਾ ਹੈ ।੩।

ਜੇਹੜਾ ਮਨੁੱਖ ਆਤਮਕ ਜੀਵਨ ਦੇਣ ਵਾਲਾ ਨਾਮ-ਰਸ ਪ੍ਰਾਪਤ ਕਰਦਾ ਹੈ ਉਸ ਦੀ ਤ੍ਰਿਸ਼ਨਾ ਮੁੱਕ ਜਾਂਦੀ ਹੈ ਉਸ ਦਾ ਸਹਿਮ ਦੂਰ ਹੋ ਜਾਂਦਾ ਹੈ, ਉਸ ਨੂੰ ਉਹ ਆਤਮਕ ਅਵਸਥਾ ਮਿਲ ਜਾਂਦੀ ਹੈ ਜਿਥੇ ਗਿਆਨ ਦਾ ਪ੍ਰਕਾਸ਼ ਹੁੰਦਾ ਹੈ, ਉਹ ਆਪਾ-ਭਾਵ ਦੂਰ ਕਰ ਲੈਂਦਾ ਹੈ । ਉਹ ਬੜੀ ਉੱਚੀ ਆਤਮਕ ਅਵਸਥਾ ਪਾ

ਲੈਂਦਾ ਹੈ, ਉੱਚੇ ਤੋਂ ਉੱਚਾ ਆਤਮਕ ਦਰਜਾ ਹਾਸਲ ਕਰਦਾ ਹੈ, ਜੀਵਨ ਨੂੰ ਪਵਿੱਤ੍ਰ ਕਰਨ ਵਾਲਾ ਗੁਰ-ਸ਼ਬਦ ਉਹ ਮਨੁੱਖ ਆਪਣੇ ਅੰਦਰ ਕਮਾਂਦਾ ਹੈ (ਭਾਵ, ਗੁਰ-ਸ਼ਬਦ ਅਨੁਸਾਰ ਜੀਵਨ-ਘਾੜਤ ਘੜਦਾ ਹੈ) ।੪।

ਅਦ੍ਰਿਸ਼ਟ ਤੇ ਬੇਅੰਤ ਪ੍ਰਭੂ ਦਾ ਨਾਮ ਮਨੁੱਖ ਦੇ ਗਿਆਨ-ਇੰਦ੍ਰਿਆਂ ਦੀ ਪਹੁੰਚ ਤੋਂ ਪਰੇ ਹੈ, ਪਰ ਉਹ ਨਾਮ ਬੜਾ ਹੀ ਰਸੀਲਾ ਬੜਾ ਹੀ ਮਿੱਠਾ ਤੇ ਬੜਾ ਹੀ ਪਿਆਰਾ ਹੈ । (ਮੇਰੀ ਨਾਨਕ ਦੀ ਅਰਦਾਸ ਹੈ ਕਿ, ਹੇ ਪ੍ਰਭੂ! ਮੈਨੂੰ) ਨਾਨਕ ਨੂੰ ਸਦਾ ਹੀ ਆਪਣੀ ਸਿਫ਼ਤਿ-ਸਾਲਾਹ ਦੀ ਦਾਤਿ ਦੇਹ । (ਜਿਉਂ ਜਿਉਂ) ਪ੍ਰਭੂ ਦਾ ਨਾਮ ਜਪੀਏ (ਤਿਉਂ ਤਿਉਂ ਉਹ ਬੇਅੰਤ ਦਿੱਸਦਾ ਹੈ ਉਸ ਦੀਆਂ ਤਾਕਤਾਂ ਦਾ) ਅੰਤ ਨਹੀਂ ਲੱਭਿਆ ਜਾ ਸਕਦਾ ।੫।

ਜਿਸ ਮਨੁੱਖ ਦੇ ਅੰਦਰ ਪਰਮਾਤਮਾ ਦਾ ਨਾਮ ਵੱਸ ਪੈਂਦਾ ਹੈ ਜਿਸ ਨੂੰ ਨਾਮ-ਹੀਰਾ ਲੱਭ ਜਾਂਦਾ ਹੈ, ਪਰਮਾਤਮਾ ਦਾ ਨਾਮ ਸਿਮਰਦਿਆਂ ਸਿਮਰਦਿਆਂ ਉਸ ਦਾ ਮਨ ਅੰਦਰੋਂ ਹੀ ਧੀਰਜ-ਸ਼ਾਂਤੀ ਹਾਸਲ ਕਰ ਲੈਂਦਾ ਹੈ । (ਸਿਮਰਨ ਦੀ ਬਰਕਤਿ ਨਾਲ) ਔਖੇ ਜੀਵਨ-ਪੰਧ ਦਾ ਡਰ ਨਾਸ ਕਰਨ ਵਾਲਾ ਪਰਮਾਤਮਾ ਮਿਲ ਪੈਂਦਾ ਹੈ (ਜਿਸ ਨੂੰ ਮਿਲ ਪੈਂਦਾ ਹੈ) ਉਹ ਮੁੜ ਜਨਮ ਵਿਚ ਨਹੀਂ ਆਉਂਦਾ ਉਹ ਮੁੜ ਜੰਮਣ-ਮਰਨ ਵਿਚ ਨਹੀਂ ਪੈਂਦਾ ।੬।

ਹੇ ਪ੍ਰਭੂ! ਮੈਂ (ਤੇਰੇ ਦਰ ਤੋਂ) ਤੇਰੀ ਸਿਫ਼ਤਿ-ਸਾਲਾਹ (ਦੀ ਦਾਤਿ) ਮੰਗਦਾ ਹਾਂ, ਤੇਰੇ ਨਾਮ (ਦਾ) ਸਰਮਾਇਆ ਮੰਗਦਾ ਹਾਂ, ਮੈਂ ਇਹ ਮੰਗਦਾ ਹਾਂ ਕਿ ਗੁਰੂ ਦੇ ਸ਼ਬਦ ਵਿਚ ਜੁੜ ਕੇ ਤੇਰੀ ਭਗਤੀ ਕਰਨ ਵਾਸਤੇ ਮੇਰੇ ਅੰਦਰ ਉਤਸ਼ਾਹ ਪੈਦਾ ਹੋਵੇ । (ਜੇਹੜਾ ਵਡ-ਭਾਗੀ ਜੀਵ) ਪਰਮਾਤਮਾ ਨੂੰ ਚੰਗਾ ਲੱਗਦਾ ਹੈ ਉਸ ਨੂੰ ਉਹ ਗੁਰੂ ਦੀ ਸੰਗਤਿ ਵਿਚ ਮਿਲਾਂਦਾ ਹੈ । ਪਰਮਾਤਮਾ (ਚਾਹੇ ਤਾਂ) ਸਾਰੇ ਜਗਤ ਨੂੰ (ਵਿਕਾਰਾਂ ਦੇ ਸਮੁੰਦਰ ਤੋਂ) ਪਾਰ ਲੰਘਾ ਲੈਂਦਾ ਹੈ ।੭।

ਜਿਸ ਮਨੁੱਖ ਨੇ ਪਰਮਾਤਮਾ ਦੇ ਨਾਮ ਦਾ ਜਾਪ ਜਪਿਆ ਹੈ ਸਤਿਗੁਰੂ ਦੀ ਸਿੱਖਿਆ ਨੇ (ਸਮਝੋ) ਉਸ ਦੇ ਅੰਦਰ ਘਰ ਕਰ ਲਿਆ ਹੈ । ਕਾਲ ਅਤੇ ਜਮ ਦੇ ਸੇਵਕ ਉਸ ਦੇ ਚਰਨਾਂ ਦੇ ਦਾਸ ਬਣ ਗਏ ਹਨ । ਉਸ ਦੀ ਸੰਗਤਿ (ਹੋਰਨਾਂ ਨੂੰ ਭੀ) ਸ੍ਰੇਸ਼ਟ ਬਣਾ ਦੇਂਦੀ ਹੈ, ਉਸ ਦੀ ਆਤਮਕ ਅਵਸਥਾ ਉੱਚੀ ਹੋ ਜਾਂਦੀ ਹੈ, ਉਸ ਦੀ ਰਹਿਣੀ-ਬਹਿਣੀ ਉੱਚੀ ਹੋ ਜਾਂਦੀ ਹੈ । ਉਹ ਹੋਰਨਾਂ ਨੂੰ ਭੀ ਸੰਸਾਰ-ਸਮੁੰਦਰ ਤੋਂ ਪਾਰ ਲੰਘਾ ਲੈਂਦਾ ਹੈ ।੮।

ਗੁਰੂ ਦੇ ਸ਼ਬਦ ਵਿਚ ਜੁੜ ਕੇ ਇਸ ਸੰਸਾਰ-ਸਮੁੰਦਰ ਤੋਂ ਪਾਰ ਲੰਘ ਸਕੀਦਾ ਹੈ । (ਗੁਰੂ ਦੇ ਸ਼ਬਦ ਦੀ ਬਰਕਤਿ ਨਾਲ ਮਨੁੱਖ ਦੀ) ਅੰਦਰਲੀ ਅਸ਼ਾਂਤੀ ਅੰਦਰ ਹੀ ਸੜ ਜਾਂਦੀ ਹੈ । ਉਹ ਮਨੁੱਖ ਆਪਣੇ ਚਿੱਤ-ਆਕਾਸ਼ ਵਿਚ (ਗੁਰੂ ਦੇ ਸ਼ਬਦ ਰੂਪ) ਧਨੁਖ ਨੂੰ ਅਜੇਹਾ ਕੱਸਦਾ ਹੈ ਕਿ (ਸਤ, ਸੰਤੋਖ, ਦਇਆ, ਧਰਮ, ਧੀਰਜ ਦੇ) ਪੰਜ ਤੀਰ ਲੈ ਕੇ ਜਮ ਨੂੰ (ਮੌਤ ਦੇ ਡਰ ਨੂੰ, ਆਤਮਕ ਮੌਤ ਨੂੰ) ਮਾਰ ਲੈਂਦਾ ਹੈ ।੯।

ਪਰ ਮਾਇਆ-ਵੇੜ੍ਹੇ ਮਨੁੱਖ ਦੇ ਅੰਦਰ ਗੁਰੂ ਦੇ ਸ਼ਬਦ ਦੀ ਲਗਨ ਹੀ ਪੈਦਾ ਨਹੀਂ ਹੁੰਦੀ, ਸ਼ਬਦ ਦੀ ਲਗਨ ਤੋਂ ਬਿਨਾ (ਮਾਇਆ ਦੇ ਮੋਹ ਵਿਚ ਫਸ ਕੇ) ਉਹ ਜਨਮ ਮਰਨ ਦੇ ਗੇੜ ਵਿਚ ਪਿਆ ਰਹਿੰਦਾ ਹੈ ।

ਹੇ ਨਾਨਕ! ਗੁਰੂ ਦੀ ਸਰਨ ਪੈਣਾ ਹੀ (ਮਾਇਆ ਦੇ ਮੋਹ ਤੋਂ) ਖ਼ਲਾਸੀ ਦਾ ਵਸੀਲਾ ਹੈ, ਤੇ ਪਰਮਾਤਮਾ ਪੂਰੀ ਕਿਸਮਤ ਨਾਲ ਹੀ ਗੁਰੂ ਮਿਲਾਂਦਾ ਹੈ ।੧੦।

ਨਿਰਭਉ (ਪਰਮਾਤਮਾ ਦਾ ਰੂਪ) ਸਤਿਗੁਰੂ (ਜਿਸ ਮਨੁੱਖ ਦਾ) ਰਾਖਾ ਬਣਦਾ ਹੈ ਉਸ ਨੂੰ ਗੁਰੂ ਪਾਸੋਂ ਪਰਮਾਤਮਾ ਦੀ ਭਗਤੀ (ਦੀ ਦਾਤਿ) ਮਿਲ ਜਾਂਦੀ ਹੈ । ਉਸ ਮਨੁੱਖ ਦੇ ਅੰਦਰ ਆਤਮਕ ਆਨੰਦ ਦੀ ਇਕ-ਰਸ ਰੌ ਚੱਲ ਪੈਂਦੀ ਹੈ, ਗੁਰੂ ਦੇ ਸ਼ਬਦ ਵਿਚ ਜੁੜ ਕੇ ਉਹ ਮਨੁੱਖ ਉਸ ਪਰਮਾਤਮਾ ਨੂੰ ਮਿਲ ਪੈਂਦਾ ਹੈ ਜਿਸ ਉਤੇ ਮਾਇਆ ਦਾ ਪ੍ਰਭਾਵ ਨਹੀਂ ਪੈ ਸਕਦਾ ।੧੧।

ਪਰਮਾਤਮਾ ਨੂੰ ਕੋਈ ਡਰ ਵਿਆਪ ਨਹੀਂ ਸਕਦਾ ਕਿਉਂਕਿ ਉਸ ਦੇ ਸਿਰ ਉਤੇ ਕਿਸੇ ਹੋਰ ਦਾ ਹੁਕਮ ਨਹੀਂ ਹੈ । ਉਹ ਪ੍ਰਭੂ ਆਪ ਅਲੇਖ ਹੈ (ਭਾਵ, ਕੋਈ ਹੋਰ ਵਿਅਕਤੀ ਉਸ ਪਾਸੋਂ ਕੀਤੇ ਕਰਮਾਂ ਦਾ ਹਿਸਾਬ ਨਹੀਂ ਮੰਗ ਸਕਦਾ) । ਆਪਣੀ ਰਚੀ ਸਾਰੀ ਕੁਦਰਤਿ ਵਿਚ ਉਹ ਹੀ ਵਿਆਪਕ ਦਿੱਸ ਰਿਹਾ ਹੈ । (ਸਾਰੀ ਕੁਦਰਤਿ ਵਿਚ ਵਿਆਪਕ ਹੁੰਦਿਆਂ ਭੀ) ਉਹ ਨਿਰਲੇਪ ਹੈ, ਜੂਨਾਂ ਤੋਂ ਰਹਿਤ ਹੈ, ਤੇ ਆਪਣੇ ਆਪ ਤੋਂ ਹੀ ਪਰਗਟ ਹੋਣ ਦੀ ਤਾਕਤ ਰੱਖਦਾ ਹੈ । ਹੇ ਨਾਨਕ! ਗੁਰੂ ਦੀ ਮਤਿ ਤੇ ਤੁਰਿਆਂ ਹੀ ਉਹ ਪਰਮਾਤਮਾ ਲੱਭਦਾ ਹੈ ।੧੨।

ਜੇਹੜਾ ਮਨੁੱਖ ਸਤਿਗੁਰੂ ਨਾਲ ਡੂੰਘੀ ਸਾਂਝ ਪਾ ਲੈਂਦਾ ਹੈ ਉਹ ਆਪਣੀ ਅੰਦਰਲੀ ਆਤਮਕ ਹਾਲਤ ਨੂੰ ਸਮਝਣ ਲੱਗ ਪੈਂਦਾ ਹੈ । ਗੁਰੂ ਦੇ ਸ਼ਬਦ ਵਿਚ ਜੁੜ ਕੇ ਉਹ ਨਿਰਭਉ ਪਰਮਾਤਮਾ ਨੂੰ (ਹਰ ਥਾਂ ਵੱਸਦਾ) ਪਛਾਣ ਲੈਂਦਾ ਹੈ । ਉਹ ਮਨੁੱਖ ਆਪਣਾ ਅੰਦਰਲਾ (ਹਿਰਦਾ) ਪਰਖ ਕੇ ਪ੍ਰਭੂ ਨੂੰ ਇਕ-ਰਸ ਸਭ ਥਾਂ ਵਿਆਪਕ ਸਮਝਦਾ ਹੈ, (ਇਸ ਵਾਸਤੇ) ਉਸ ਦਾ ਮਨ ਕਿਸੇ ਹੋਰ (ਆਸਰੇ ਦੀ ਝਾਕ) ਵਲ ਨਹੀਂ ਡੋਲਦਾ ।੧੩।

ਜਿਸ ਮਨੁੱਖ ਦਾ ਹਿਰਦਾ ਦਿਨ ਰਾਤ ਮਾਇਆ-ਰਹਿਤ ਪ੍ਰਭੂ ਦੇ ਨਾਮ ਵਿਚ ਰਸਿਆ ਰਹਿੰਦਾ ਹੈ, ਨਿਰਭਉ ਪਰਮਾਤਮਾ ਉਸ ਦੇ ਹਿਰਦੇ ਵਿਚ ਪਰਗਟ ਹੋ ਜਾਂਦਾ ਹੈ । ਹੇ ਨਾਨਕ! ਉਸ ਪਰਮਾਤਮਾ ਦੀ ਸਿਫ਼ਤਿ-ਸਾਲਾਹ ਸੰਗਤਿ (ਵਿਚ ਬੈਠਿਆਂ) ਮਿਲਦੀ ਹੈ । (ਸਿਫ਼ਤਿ-ਸਾਲਾਹ ਕਰਨ ਵਾਲੇ ਬੰਦੇ ਨੂੰ) ਪਰਮਾਤਮਾ ਅਡੋਲ ਆਤਮਕ ਅਵਸਥਾ ਵਿਚ ਮਿਲਾਈ ਰੱਖਦਾ ਹੈ ।੧੪।

(ਸਿਫ਼ਤਿ-ਸਾਲਾਹ ਕਰਨ ਵਾਲਾ ਬੰਦਾ) ਉਸ ਪਰਮਾਤਮਾ ਨੂੰ ਆਪਣੇ ਅੰਦਰ ਤੇ ਬਾਹਰ (ਸਾਰੀ ਸ੍ਰਿਸ਼ਟੀ ਵਿਚ) ਵਿਆਪਕ ਸਮਝਦਾ ਹੈ, ਉਹ ਮਾਇਆ ਦੇ ਮੋਹ ਤੋਂ ਨਿਰਲੇਪ ਰਹਿੰਦਾ ਹੈ, ਤੇ (ਮਾਇਆ ਵਲ) ਦੌੜਦੇ (ਮਨ) ਨੂੰ (ਮੋੜ ਕੇ ਆਪਣੇ) ਅੰਦਰ ਹੀ ਲੈ ਆਉਂਦਾ ਹੈ । ਹੇ ਨਾਨਕ! ਉਸ ਮਨੁੱਖ ਨੂੰ ਸਦਾ-ਥਿਰ ਪਰਮਾਤਮਾ ਸਭ ਜੀਵਾਂ ਉਤੇ ਰਾਖਾ ਸਭ ਦਾ ਮੂਲ ਤੇ ਤਿੰਨਾਂ ਭਵਨਾਂ ਵਿਚ ਵਿਆਪਕ ਦਿੱਸਦਾ ਹੈ । ਉਹ ਮਨੁੱਖ ਆਤਮਕ ਜੀਵਨ ਦੇਣ ਵਾਲਾ ਨਾਮ-ਰਸ ਹਾਸਲ ਕਰ ਲੈਂਦਾ ਹੈ ।੧੫।੪।੨੧।

ਮਾਰੂ ਮਹਲਾ ੧ ॥ ਕੁਦਰਤਿ ਕਰਨੈਹਾਰ ਅਪਾਰਾ ॥ ਕੀਤੇ ਕਾ ਨਾਹੀ ਕਿਹੁ ਚਾਰਾ ॥ ਜੀਅ ਉਪਾਇ ਰਿਜਕੁ ਦੇ ਆਪੇ ਸਿਰਿ ਸਿਰਿ ਹੁਕਮੁ ਚਲਾਇਆ ॥੧॥ ਹੁਕਮੁ ਚਲਾਇ ਰਹਿਆ ਭਰਪੂਰੇ ॥ ਕਿਸੁ ਨੇੜੈ ਕਿਸੁ ਆਖਾਂ ਦੂਰੇ ॥ ਗੁਪਤ ਪ੍ਰਗਟ ਹਰਿ ਘਟਿ ਘਟਿ ਦੇਖਹੁ ਵਰਤੈ ਤਾਕੁ ਸਬਾਇਆ ॥੨॥ ਜਿਸ ਕਉ ਮੇਲੇ ਸੁਰਤਿ ਸਮਾਏ ॥ ਗੁਰ ਸਬਦੀ ਹਰਿਨਾਮੁ ਧਿਆਏ ॥ ਆਨਦ ਰੂਪ ਅਨੂਪ ਅਗੋਚਰ ਗੁਰ ਮਿਲਿਐ ਭਰਮੁ ਜਾਇਆ ॥੩॥ ਮਨ ਤਨ ਧਨ ਤੇ ਨਾਮੁ ਪਿਆਰਾ ॥

ਅੰਤਿ ਸਖਾਈ ਚਲਣਵਾਰਾ ॥ ਮੋਹ ਪਸਾਰ ਨਹੀ ਸੰਗਿ ਬੇਲੀ ਬਿਨੁ ਹਰਿ ਗੁਰ ਕਿਨਿ ਸੁਖੁ ਪਾਇਆ ॥੪॥ ਜਿਸ ਕਉ ਨਦਰਿ ਕਰੇ ਗੁਰੁ ਪੂਰਾ ॥ ਸਬਦਿ ਮਿਲਾਏ ਗੁਰਮਤਿ ਸੂਰਾ ॥ ਨਾਨਕ ਗੁਰ ਕੇ ਚਰਨ ਸਰੇਵਹੁ ਜਿਨਿ ਭੂਲਾ ਮਾਰਗਿ ਪਾਇਆ ॥੫॥ ਸੰਤ ਜਨਾਂ ਹਰਿ ਧਨੁ ਜਸੁ ਪਿਆਰਾ ॥ ਗੁਰਮਤਿ ਪਾਇਆ ਨਾਮੁ ਤੁਮਾਰਾ ॥ ਜਾਚਿਕੁ ਸੇਵ ਕਰੇ ਦਰਿ ਹਰਿ ਕੈ ਹਰਿ ਦਰਗਹ ਜਸੁ ਗਾਇਆ ॥੬॥ ਸਤਿਗੁਰੁ ਮਿਲੈ ਤ ਮਹਲਿ ਬੁਲਾਏ ॥ ਸਾਚੀ ਦਰਗਹ ਗਤਿ ਪਤਿ ਪਾਏ ॥ ਸਾਕਤ ਠਉਰ ਨਾਹੀ ਹਰਿ ਮੰਦਰ ਜਨਮ ਮਰੈ ਦੁਖੁ ਪਾਇਆ ॥੭॥ ਸੇਵਹੁ ਸਤਿਗੁਰ ਸਮੁੰਦੁ ਅਥਾਹਾ ॥ ਪਾਵਹੁ ਨਾਮੁ ਰਤਨੁ ਧਨੁ ਲਾਹਾ ॥ ਬਿਖਿਆ ਮਲੁ ਜਾਇ ਅੰਮ੍ਰਿਤ ਸਰਿ ਨਾਵਹੁ ਗੁਰ ਸਰ ਸੰਤੋਖੁ ਪਾਇਆ ॥੮॥ ਸਤਿਗੁਰ ਸੇਵਹੁ ਸੰਕ ਨ ਕੀਜੈ ॥ ਆਸਾ ਮਾਹਿ ਨਿਰਾਸੁ ਰਹੀਜੈ ॥ ਸੰਸਾ ਦੂਖ ਬਿਨਾਸਨੁ ਸੇਵਹੁ ਫਿਰਿ ਬਾਹੁੜਿ ਰੋਗੁ ਨ ਲਾਇਆ ॥੯॥ ਸਾਚੇ ਭਾਵੈ ਤਿਸੁ ਵਡੀਆਏ ॥ ਕਉਨੁ ਸੁ ਦੂਜਾ ਤਿਸੁ ਸਮਝਾਏ ॥ ਹਰਿ ਗੁਰ ਮੂਰਤਿ ਏਕਾ ਵਰਤੈ ਨਾਨਕ ਹਰਿ ਗੁਰ ਭਾਇਆ ॥੧੦॥ ਵਾਚਹਿ ਪੁਸਤਕ ਵੇਦ ਪੁਰਾਨਾਂ ॥ ਇਕਿ ਬਹਿ ਸੁਨਹਿ ਸੁਨਾਵਹਿ ਕਾਨਾਂ ॥ ਅਜਗਰ ਕਪਟੁ ਕਹਹੁ ਕਿਉ ਖੁਲ੍ਹੈ ਬਿਨੁ ਸਤਿਗੁਰ ਤਤੁ ਨ ਪਾਇਆ ॥੧੧॥ ਕਰਹਿ ਬਿਭੂਤਿ ਲਗਾਵਹਿ ਭਸਮੈ ॥ ਅੰਤਰਿ ਕ੍ਰੋਧੁ ਚੰਡਾਲੁ ਸੁ ਹਉਮੈ ॥ ਪਾਖੰਡ ਕੀਨੇ ਜੋਗੁ ਨ ਪਾਈਐ ਬਿਨੁ ਸਤਿਗੁਰ ਅਲਖੁ ਨ ਪਾਇਆ ॥੧੨॥ ਤੀਰਥ ਵਰਤ ਨੇਮ ਕਰਹਿ ਉਦਿਆਨਾ ॥ ਜਤੁ ਸਤੁ ਸੰਜਮੁ ਕਥਹਿ ਗਿਆਨਾ ॥ ਰਾਮ ਨਾਮ ਬਿਨੁ ਕਿਉ ਸੁਖੁ ਪਾਈਐ ਬਿਨੁ ਸਤਿਗੁਰ ਭਰਮੁ ਨ ਜਾਇਆ ॥੧੩॥ ਨਿਉਲੀ ਕਰਮ ਭੁਇਅੰਗਮ ਭਾਠੀ ॥ ਰੇਚਕ ਕੁੰਭਕ ਪੂਰਕ ਮਨ ਹਾਠੀ ॥ ਪਾਖੰਡ ਧਰਮੁ ਪ੍ਰੀਤਿ ਨਹੀ ਹਰਿ ਸਉ ਗੁਰ ਸਬਦ ਮਹਾ ਰਸੁ ਪਾਇਆ ॥੧੪॥ ਕੁਦਰਤਿ ਦੇਖਿ ਰਹੇ ਮਨੁ ਮਾਨਿਆ ॥ ਗੁਰ ਸਬਦੀ ਸਭੁ ਬ੍ਰਹਮੁ ਪਛਾਨਿਆ ॥ ਨਾਨਕ ਆਤਮ ਰਾਮੁ ਸਬਾਇਆ ਗੁਰ ਸਤਿਗੁਰ ਅਲਖੁ ਲਖਾਇਆ ॥੧੫॥੫॥੨੨॥ {ਪੰਨਾ ੧੦੪੨-੧੦੪੩}

ਪਦ ਅਰਥ :—ਕਰਨੈਹਾਰ—ਰਚਣ ਵਾਲਾ । ਅਪਾਰਾ—ਬੇਅੰਤ । ਕਿਹੁ—ਕੁਝ ਭੀ । ਚਾਰਾ—ਜ਼ੋਰ, ਉਜ਼ਰ । ਸਿਰਿ ਸਿਰਿ—ਹਰੇਕ ਸਿਰ ਉਤੇ ।੧।

ਭਰਪੂਰ—ਪੂਰਨ ਤੌਰ ਤੇ ਵਿਆਪਕ । ਘਟਿ ਘਟਿ—ਹਰੇਕ ਘਟ ਵਿਚ । ਵਰਤੈ—ਮੌਜੂਦ ਹੈ । ਤਾਕੁ—ਆਪ ਹੀ ਆਪ ।੨।

ਸੁਰਤਿ ਸਮਾਏ—(ਉਸ ਦੀ) ਸੁਰਤਿ (ਪ੍ਰਭੂ ਵਿਚ) ਜੁੜਦੀ ਹੈ । ਅਨੂਪ—ਉਪਮਾ-ਰਹਿਤ, ਜਿਸ ਵਰਗਾ ਹੋਰ ਕੋਈ ਨਹੀਂ । ਭਰਮੁ—ਭਟਕਣਾ ।੩।

ਤੇ—ਤੋਂ, ਨਾਲੋਂ । ਚਲਣਵਾਰਾ—ਨਾਲ ਜਾਣ ਵਾਲਾ । ਮੋਹ ਪਸਾਰ—ਮੋਹ ਦੇ ਖਿਲਾਰੇ । ਬੇਲੀ—ਸਾਥੀ । ਕਿਨਿ—ਕਿਸ ਨੇ? ਕਿਸੇ ਨੇ ਨਹੀਂ ।੪।

ਸੂਰਾ—ਸੂਰਮਾ । ਜਿਨਿ—ਜਿਸ (ਗੁਰੂ) ਨੇ । ਸਰੇਵਹੁ—ਪੂਜੋ । ਮਾਰਗਿ—ਸਹੀ ਰਸਤੇ ਉਤੇ ।੫।

ਜਸੁ—ਸਿਫ਼ਤਿ-ਸਾਲਾਹ । ਜਾਚਿਕੁ—ਮੰਗਤਾ । ਹਰਿ ਕੈ ਦਰਿ—ਹਰੀ ਦੇ ਦਰ ਤੇ ।੬।

ਮਹਲਿ—ਮਹਲ ਵਿਚ, ਆਪਣੀ ਹਜ਼ੂਰੀ ਵਿਚ । ਗਤਿ—ਉੱਚੀ ਆਤਮਕ ਅਵਸਥਾ । ਹਰਿ ਮੰਦਰ ਠਉਰ—ਹਰੀ ਦੇ ਮਹਲ ਦਾ ਟਿਕਾਣਾ । ਜਨਮ ਮਰੈ—ਅਨੇਕਾਂ ਜਨਮਾਂ ਵਿਚ ਪੈਂਦਾ ਹੈ ਤੇ ਮਰਦਾ ਹੈ ।੭।

ਲਾਹਾ—ਲਾਭ । ਬਿਖਿਆ—ਮਾਇਆ । ਅੰਮ੍ਰਿਤਸਰਿ—ਨਾਮ-ਅੰਮ੍ਰਿਤ ਦੇ ਸਰੋਵਰ ਵਿਚ ।੮।

ਨਿਰਾਸੁ—ਦੁਨੀਆ ਦੀਆਂ ਆਸਾਂ ਤੋਂ ਨਿਰਲੇਪ । ਸੰਸਾ—ਸਹਮ । ਬਾਹੁੜਿ—ਮੁੜ, ਫਿਰ ।੯।

ਵਡੀਆਏ—ਆਦਰ ਦੇਂਦਾ ਹੈ ।੧੦।

ਵਾਚਹਿ—ਪੜ੍ਹਦੇ ਹਨ । ਇਕਿ—ਕਈ, ਅਨੇਕਾਂ । ਬਹਿ—ਬੈਠ ਕੇ । ਕਾਨਾਂ—ਕੰਨਾਂ ਨਾਲ । ਅਜਗਰ—ਬਹੁਤ ਭਾਰਾ । ਕਪਟੁ—ਕਵਾੜ, ਦਰਵਾਜ਼ਾ ।੧੧।

ਬਿਭੂਤਿ—ਸੁਆਹ । ਭਸਮ—ਸੁਆਹ । ਜੋਗੁ—ਮਿਲਾਪ । ਅਲਖੁ—ਅਦ੍ਰਿਸ਼ਟ ।੧੨।

ਉਦਿਆਨਾ—ਜੰਗਲਾਂ ਵਿਚ (ਨਿਵਾਸ) । ਸੰਜਮ—ਇੰਦ੍ਰਿਆਂ ਨੂੰ ਵੱਸ ਵਿਚ ਰੱਖਣ ਦਾ ਜਤਨ ।੧੩।

ਨਿਉਲੀ ਕਰਮ—ਆਂਦਰਾਂ ਨੂੰ ਤੇਜ਼ੀ ਨਾਲ ਭਵਾ ਕੇ ਪੇਟ ਸਾਫ਼ ਰੱਖਣ ਦੀ ਕ੍ਰਿਆ । ਭੁਇਅੰਗਮ—ਜੋਗੀਆਂ ਦੀ ਮਿਥੀ ਹੋਈ ਭੁਜੰਗਮਾ ਨਾੜੀ । ਇਹ ਸੁਖਮਨਾ ਨਾੜੀ ਦੀ ਜੜ੍ਹ ਵਿਚ ਰਹਿ ਕੇ ਕਿਵਾੜ ਦਾ ਕੰਮ ਦੇਂਦੀ ਹੈ । ਸਾਢੇ ਤਿੰਨ ਕੁੰਡਲ (ਚੱਕਰ) ਮਾਰ ਕੇ ਸੱਪ ਵਾਂਗ (ਸੁੱਤੀ) ਲੇਟੀ ਹੋਈ ਹੈ । ਇਸੇ ਮਿਥ ਦੇ ਕਾਰਨ ਇਸ ਨੂੰ ਕੁੰਡਲਨੀ ਭੀ ਆਖਦੇ ਹਨ । ਜੋਗਾ ਅਭਿਆਸ ਨਾਲ ਕੁੰਡਲਨੀ ਜਾਗਦੀ ਹੈ ਤੇ ਸੁਖਮਨਾ ਦੇ ਰਸਤੇ ਦਸਮ-ਦੁਆਰ ਨੂੰ ਜਾਂਦੀ ਹੈ । ਜਿਉਂ ਜਿਉਂ ਇਹ ਉਪਰ ਨੂੰ ਚੜ੍ਹਦੀ ਹੈ ਜੋਗੀ ਨੂੰ ਆਨੰਦ ਆਉਂਦਾ ਹੈ । ਭਾਠੀ—(ਜੋਗੀਆਂ ਦੀ ਬੋਲੀ ਵਿਚ) ਦਸਮ ਦੁਆਰ ਜਿਸ ਵਿਚੋਂ ਅੰਮ੍ਰਿਤ ਦੀ ਧਾਰ ਚੋਣਾ ਉਹ ਮੰਨਦੇ ਹਨ । ਰੇਚਕ—ਪ੍ਰਾਣਾਯਾਮ ਦੇ ਅੱਭਿਆਸ ਵੇਲੇ ਪ੍ਰਾਣ (ਸਾਹ) ਬਾਹਰ ਕੱਢਣੇ । ਕੁੰਭਕ—ਪ੍ਰਾਣ (ਸੁਖਮਨਾ ਨਾੜੀ ਵਿਚ) ਟਿਕਾ ਰੱਖਣੇ । ਕੁੰਭਕ—ਪ੍ਰਾਣ ਉਤਾਂਹ ਵਲ ਖਿੱਚਣੇ । ਮਨ ਹਾਠੀ—ਮਨ ਦੇ ਹਠ ਨਾਲ । ਸਉ—ਸਿਉ, ਨਾਲ ।੧੪।

ਆਤਮ ਰਾਮੁ—ਵਿਆਪਕ ਪ੍ਰਭੂ ।੧੫।

ਅਰਥ :—ਇਸ ਸਾਰੀ ਸ੍ਰਿਸ਼ਟੀ ਦਾ ਰਚਣ ਵਾਲਾ ਪਰਮਾਤਮਾ ਬੇਅੰਤ ਹੈ (ਉਸ ਦੀਆਂ ਤਾਕਤਾਂ ਦਾ ਪਾਰਲਾ ਬੰਨਾ ਨਹੀਂ ਲੱਭ ਸਕਦਾ । ਕੋਈ ਜੀਵ ਉਸ ਦੀ ਤਾਕਤ ਦੇ ਅੱਗੇ ਅੜਨਾ ਚਾਹੇ, ਤਾਂ) ਉਸ ਦੇ ਪੈਦਾ ਕੀਤੇ ਹੋਏ ਜੀਵ ਦੀ ਪੇਸ਼ ਨਹੀਂ ਜਾ ਸਕਦੀ । ਉਹ ਪਰਮਾਤਮਾ ਸਾਰੇ ਜੀਵ ਪੈਦਾ ਕਰ ਕੇ ਆਪ ਹੀ (ਸਭਨਾਂ ਨੂੰ) ਰਿਜ਼ਕ ਦੇਂਦਾ ਹੈ ਤੇ ਆਪ ਹੀ ਹਰੇਕ ਉਤੇ ਆਪਣਾ ਹੁਕਮ ਚਲਾ ਰਿਹਾ ਹੈ (ਹਰੇਕ ਨੂੰ ਆਪਣੇ ਹੁਕਮ ਵਿਚ ਤੋਰ ਰਿਹਾ ਹੈ) ।੧।

ਪਰਮਾਤਮਾ (ਸਾਰੀ ਸ੍ਰਿਸ਼ਟੀ ਵਿਚ ਆਪਣਾ) ਹੁਕਮ ਵਰਤਾ ਰਿਹਾ ਹੈ, ਤੇ ਸਾਰੀ ਹੀ ਸ੍ਰਿਸ਼ਟੀ ਵਿਚ ਪੂਰਨ ਤੌਰ ਤੇ ਵਿਆਪਕ ਹੈ । ਮੈਂ ਕੀਹ ਦੱਸਾਂ ਕਿ ਕਿਸ ਤੋਂ ਉਹ ਨੇੜੇ ਹੈ ਤੇ ਕਿਸ ਤੋਂ ਦੂਰ? (ਭਾਵ, ਪਰਮਾਤਮਾ ਹਰੇਕ ਜੀਵ ਦੇ ਅੰਦਰ ਭੀ ਵੱਸ ਰਿਹਾ ਹੈ ਤੇ ਨਿਰਲੇਪ ਭੀ ਹੈ) । (ਹੇ ਭਾਈ!) ਹਰੇਕ ਸਰੀਰ ਵਿਚ ਹਰੀ ਨੂੰ ਗੁਪਤ ਭੀ ਤੇ ਪਰਗਟ ਭੀ ਵੱਸਦਾ ਵੇਖੋ । ਉਹ ਸਾਰੀ ਰਚਨਾ ਵਿਚ ਇਕ ਆਪ ਹੀ ਆਪ ਮੌਜੂਦ ਹੈ ।੨।

ਜਿਸ ਜੀਵ ਨੂੰ ਪਰਮਾਤਮਾ ਆਪਣੇ ਨਾਲ ਮਿਲਾਂਦਾ ਹੈ ਉਸ ਦੀ ਸੁਰਤਿ (ਪ੍ਰਭੂ-ਚਰਨਾਂ ਵਿਚ) ਜੁੜਦੀ ਹੈ, ਉਹ ਜੀਵ ਗੁਰੂ ਦੇ ਸ਼ਬਦ ਦੀ ਰਾਹੀਂ ਪਰਮਾਤਮਾ ਦਾ ਨਾਮ ਸਿਮਰਦਾ ਹੈ । ਉਹ ਨੂੰ ਹਰ ਥਾਂ ਉਹ ਪਰਮਾਤਮਾ ਦਿੱਸਦਾ ਹੈ ਜੋ ਆਨੰਦ-ਸਰੂਪ ਹੈ ਜੋ ਬੇ-ਮਿਸਾਲ ਹੈ ਤੇ ਜਿਸ ਤਕ ਮਨੁੱਖ ਦੇ ਗਿਆਨ-ਇੰਦ੍ਰਿਆਂ ਦੀ ਪਹੁੰਚ ਨਹੀਂ ਹੋ ਸਕਦੀ । ਗੁਰੂ ਦੀ ਸਰਨ ਪੈਣ ਕਰਕੇ ਉਸ ਦੀ ਭਟਕਣਾ ਦੂਰ ਹੋ ਜਾਂਦੀ ਹੈ ।੩।

ਜਿਸ ਮਨੁੱਖ ਨੂੰ ਆਪਣੇ ਮਨ ਨਾਲੋਂ ਆਪਣੇ ਸਰੀਰ ਨਾਲੋਂ ਆਪਣੇ ਧਨ-ਪਦਾਰਥ ਨਾਲੋਂ ਪਰਮਾਤਮਾ ਦਾ ਨਾਮ ਵਧੀਕ ਪਿਆਰਾ ਲੱਗਦਾ ਹੈ, ਪਰਮਾਤਮਾ ਉਸ ਦਾ ਅਖ਼ੀਰ ਤਕ ਸਾਥੀ ਬਣਦਾ ਹੈ ਉਸ ਦੇ ਨਾਲ ਜਾਂਦਾ ਹੈ । ਜਗਤ ਦੇ ਮੋਹ ਦੇ ਖਿਲਾਰੇ ਕਿਸੇ ਮਨੁੱਖ ਦੇ ਨਾਲ ਸਾਥੀ ਨਹੀਂ ਬਣ ਸਕਦੇ । ਪਰਮਾਤਮਾ ਦੇ ਨਾਮ ਤੋਂ ਬਿਨਾ ਗੁਰੂ ਦੀ ਸਰਨ ਤੋਂ ਬਿਨਾ ਕਦੇ ਕਿਸੇ ਨੇ ਸੁਖ ਪ੍ਰਾਪਤ ਨਹੀਂ ਕੀਤਾ ।੪।

ਜਿਸ ਮਨੁੱਖ ਉਤੇ ਪੂਰਾ ਗੁਰੂ ਮੇਹਰ ਦੀ ਨਜ਼ਰ ਕਰਦਾ ਹੈ, ਉਸ ਨੂੰ ਆਪਣੇ ਸ਼ਬਦ ਵਿਚ ਜੋੜਦਾ ਹੈ, ਉਹ ਮਨੁੱਖ ਗੁਰੂ ਦੀ ਮਤਿ ਦੇ ਆਸਰੇ (ਵਿਕਾਰਾਂ ਦਾ ਟਾਕਰਾ ਕਰਨ ਲਈ) ਸੂਰਮਾ ਹੋ ਜਾਂਦਾ ਹੈ । ਹੇ ਨਾਨਕ! ਜਿਸ ਗੁਰੂ ਨੇ ਭੁੱਲੇ ਹੋਏ ਜੀਵ ਨੂੰ ਸਹੀ ਜੀਵਨ-ਰਸਤੇ ਉਤੇ ਪਾਇਆ ਹੈ (ਭਾਵ, ਜੇਹੜਾ ਗੁਰੂ ਭਟਕਦੇ ਜੀਵ ਨੂੰ ਠੀਕ ਰਾਹ ਤੇ ਪਾ ਦੇਂਦਾ ਹੈ) ਉਸ ਗੁਰੂ ਦੇ ਚਰਨ ਪੂਜੋ (ਭਾਵ, ਆਪਾ-ਭਾਵ ਗਵਾ ਕੇ ਉਸ ਗੁਰੂ ਦਾ ਪੱਲਾ ਫੜੋ) ।੫।

ਹੇ ਪ੍ਰਭੂ! ਤੇਰਾ ਨਾਮ ਗੁਰੂ ਦੀ ਮਤਿ ਤੇ ਤੁਰਿਆਂ ਹੀ ਮਿਲਦਾ ਹੈ, ਜਿਨ੍ਹਾਂ ਸੰਤ ਜਨਾਂ ਨੂੰ ਮਿਲਦਾ ਹੈ ਉਹਨਾਂ ਨੂੰ ਇਹ ਨਾਮ-ਧਨ ਪਿਆਰਾ ਲੱਗਦਾ ਹੈ ਉਹਨਾਂ ਨੂੰ ਤੇਰੀ ਸਿਫ਼ਤਿ-ਸਾਲਾਹ ਪਿਆਰੀ ਲੱਗਦੀ ਹੈ ।

ਪ੍ਰਭੂ ਦੇ ਦਰ ਦਾ ਮੰਗਤਾ ਪ੍ਰਭੂ ਦੇ ਦਰ ਤੇ ਟਿਕ ਕੇ ਪ੍ਰਭੂ ਦੀ ਸੇਵਾ-ਭਗਤੀ ਕਰਦਾ ਹੈ, ਪ੍ਰਭੂ ਦੀ ਹਜ਼ੂਰੀ ਵਿਚ (ਜੁੜ ਕੇ ਪ੍ਰਭੂ ਦੀ) ਸਿਫ਼ਤਿ-ਸਾਲਾਹ ਕਰਦਾ ਹੈ ।੬।

ਜਿਸ ਮਨੁੱਖ ਨੂੰ ਗੁਰੂ ਮਿਲ ਪੈਂਦਾ ਹੈ, ਪਰਮਾਤਮਾ ਉਸ ਨੂੰ ਆਪਣੀ ਹਜ਼ੂਰੀ ਵਿਚ ਸੱਦਦਾ ਹੈ (ਭਾਵ, ਆਪਣੇ ਚਰਨਾਂ ਵਿਚ ਜੋੜੀ ਰੱਖਦਾ ਹੈ) । ਉਹ ਮਨੁੱਖ ਪ੍ਰਭੂ ਦੇ ਚਰਨਾਂ ਵਿਚ ਜੁੜ ਕੇ ਉੱਚੀ ਆਤਮਕ ਅਵਸਥਾ ਪ੍ਰਾਪਤ ਕਰਦਾ ਹੈ (ਲੋਕ ਪਰਲੋਕ ਵਿਚ) ਇੱਜ਼ਤ ਪਾਂਦਾ ਹੈ । ਪਰ ਮਾਇਆ-ਵੇੜ੍ਹੇ ਬੰਦੇ ਨੂੰ ਪਰਮਾਤਮਾ ਦੇ ਮਹਲ ਦਾ ਟਿਕਾਣਾ ਨਹੀਂ ਲੱਭਦਾ, ਉਹ ਜਨਮਾਂ ਦੇ ਗੇੜ ਵਿਚ ਪੈ ਕੇ ਮਰਦਾ ਤੇ ਦੁੱਖ ਸਹਾਰਦਾ ਹੈ ।੭।

(ਹੇ ਭਾਈ!) ਸਤਿਗੁਰੂ ਅਥਾਹ ਸਮੁੰਦਰ ਹੈ (ਉਸ ਵਿਚ ਪ੍ਰਭੂ ਦੇ ਗੁਣਾਂ ਦੇ ਰਤਨ ਭਰੇ ਪਏ ਹਨ), ਗੁਰੂ ਦੀ ਸੇਵਾ ਕਰੋ । ਗੁਰੂ ਪਾਸੋਂ ਨਾਮ-ਰਤਨ ਨਾਮ-ਧਨ ਹਾਸਲ ਕਰ ਲਵੋਗੇ (ਇਹੀ ਮਨੁੱਖਾ ਜੀਵਨ ਦਾ) ਲਾਭ (ਹੈ) । (ਹੇ ਭਾਈ! ਗੁਰੂ ਦੀ ਸਰਨ ਪੈ ਕੇ) ਨਾਮ-ਅੰਮ੍ਰਿਤ ਦੇ ਸਰੋਵਰ ਵਿਚ (ਆਤਮਕ) ਇਸ਼ਨਾਨ ਕਰੋ, (ਇਸ ਤਰ੍ਹਾਂ) ਮਾਇਆ (ਦੇ ਮੋਹ) ਦੀ ਮੈਲ (ਮਨ ਤੋਂ) ਧੁਪ ਜਾਇਗੀ (ਤ੍ਰਿਸ਼ਨਾ ਮੁੱਕ ਜਾਇਗੀ ਤੇ) ਗੁਰੂ-ਸਰੋਵਰ ਦਾ ਸੰਤੋਖ (-ਜਲ) ਪ੍ਰਾਪਤ ਹੋ ਜਾਇਗਾ ।੮।

(ਹੇ ਭਾਈ! ਪੂਰੀ ਸਰਧਾ ਨਾਲ) ਗੁਰੂ ਦੀ ਦੱਸੀ ਸੇਵਾ ਕਰੋ, (ਗੁਰੂ ਦੇ ਹੁਕਮ ਵਿਚ ਰਤਾ ਭੀ) ਸ਼ੱਕ ਨਾਹ ਕਰੋ (ਗੁਰੂ ਦੇ ਦੱਸੇ ਰਸਤੇ ਤੇ ਤੁਰਿਆਂ) ਦੁਨੀਆ ਦੀਆਂ ਆਸਾਂ ਵਿਚ ਨਿਰਲੇਪ ਰਹਿ ਕੇ ਜਿਊ ਸਕੀਦਾ ਹੈ । ਪਰਮਾਤਮਾ (ਦਾ ਨਾਮ) ਸਿਮਰੋ ਜੋ ਸਾਰੇ ਸਹਮ ਤੇ ਦੁੱਖ ਨਾਸ ਕਰਨ ਵਾਲਾ ਹੈ । ਜੇਹੜਾ ਮਨੁੱਖ ਸਿਮਰਦਾ ਹੈ ਉਸ ਨੂੰ ਮੁੜ (ਮੋਹ ਦਾ) ਰੋਗ ਨਹੀਂ ਵਿਆਪਦਾ ।੯।

ਜੇਹੜਾ ਮਨੁੱਖ ਸਦਾ-ਥਿਰ ਰਹਿਣ ਵਾਲੇ ਪਰਮਾਤਮਾ ਨੂੰ ਚੰਗਾ ਲੱਗ ਪੈਂਦਾ ਹੈ ਉਸ ਨੂੰ ਉਹ (ਗੁਰੂ ਦੀ ਰਾਹੀਂ ਆਪਣੇ ਨਾਮ ਦੀ ਦਾਤਿ ਦੇ ਕੇ) ਇੱਜ਼ਤ ਬਖ਼ਸ਼ਦਾ ਹੈ । ਗੁਰੂ ਤੋਂ ਬਿਨਾ ਹੋਰ ਕੋਈ ਨਹੀਂ ਜੋ ਸਹੀ ਰਸਤਾ ਦੱਸ ਸਕੇ । ਗੁਰੂ ਤੇ ਪਰਮਾਤਮਾ ਦੋਹਾਂ ਦੀ ਇਕੋ ਹੀ ਹਸਤੀ ਹੈ ਜੋ ਜਗਤ ਵਿਚ ਕੰਮ ਕਰ ਰਹੀ ਹੈ । ਹੇ ਨਾਨਕ! ਜੋ ਹਰੀ ਨੂੰ ਚੰਗਾ ਲੱਗਦਾ ਹੈ ਉਹ ਗੁਰੂ ਨੂੰ ਚੰਗਾ ਲੱਗਦਾ ਹੈ, ਤੇ ਜੋ ਗੁਰੂ ਨੂੰ ਭਾਉਂਦਾ ਹੈ ਉਹ ਹਰੀ-ਪ੍ਰਭੂ ਨੂੰ ਪਸੰਦ ਹੈ ।੧੦।

(ਗੁਰੂ ਤੋਂ ਖੁੰਝ ਕੇ ਪੰਡਿਤ ਲੋਕ) ਵੇਦ ਪੁਰਾਣ ਆਦਿਕ (ਧਰਮ-) ਪੁਸਤਕਾਂ ਪੜ੍ਹਦੇ ਹਨ, ਜੋ ਕੁਝ ਉਹ ਸੁਣਾਂਦੇ ਹਨ ਉਸ ਨੂੰ ਅਨੇਕਾਂ ਬੰਦੇ ਬਹਿ ਕੇ ਧਿਆਨ ਨਾਲ ਸੁਣਦੇ ਹਨ । ਪਰ ਇਸ ਤਰ੍ਹਾਂ (ਮਨ ਨੂੰ ਕਾਬੂ ਰੱਖਣ ਵਾਲਾ ਮਾਇਆ ਦੇ ਮੋਹ ਦਾ) ਕਰੜਾ ਕਵਾੜ ਕਿਸੇ ਭੀ ਹਾਲਤ ਵਿਚ ਖੁਲ੍ਹ ਨਹੀਂ ਸਕਦਾ, (ਕਿਉਂਕਿ) ਗੁਰੂ ਦੀ ਸਰਨ ਤੋਂ ਬਿਨਾ ਅਸਲੀਅਤ ਨਹੀਂ ਲੱਭਦੀ ।੧੧।

(ਇਕ ਉਹ ਭੀ ਹਨ ਜੋ ਤਿਆਗੀ ਬਣ ਕੇ ਜੰਗਲਾਂ ਵਿਚ ਜਾ ਬੈਠਦੇ ਹਨ, ਲੱਕੜਾਂ ਬਾਲ ਕੇ) ਸੁਆਹ ਤਿਆਰ ਕਰਦੇ ਹਨ ਤੇ ਉਹ ਸੁਆਹ (ਆਪਣੇ ਪਿੰਡੇ ਉਤੇ) ਮਲ ਲੈਂਦੇ ਹਨ । ਪਰ ਉਹਨਾਂ ਦੇ ਅੰਦਰ (ਹਿਰਦੇ ਵਿਚ) ਚੰਡਾਲ ਕ੍ਰੋਧ ਵੱਸਦਾ ਹੈ ਹਉਮੈ ਵੱਸਦੀ ਹੈ । (ਸੋ, ਤਿਆਗ ਦੇ ਇਹ) ਪਾਖੰਡ ਕਰਨ ਨਾਲ ਪਰਮਾਤਮਾ ਦਾ ਮਿਲਾਪ ਪ੍ਰਾਪਤ ਨਹੀਂ ਹੋ ਸਕਦਾ । ਗੁਰੂ ਦੀ ਸਰਨ ਤੋਂ ਬਿਨਾ ਅਦ੍ਰਿਸ਼ਟ ਪ੍ਰਭੂ ਨਹੀਂ ਲੱਭਦਾ ।੧੨।

(ਤਿਆਗੀ ਬਣ ਕੇ) ਜੰਗਲਾਂ ਵਿਚ ਨਿਵਾਸ ਕਰਦੇ ਹਨ ਤੀਰਥਾਂ ਤੇ ਇਸ਼ਨਾਨ ਕਰਦੇ ਹਨ ਵਰਤਾਂ ਦੇ ਨੇਮ ਧਾਰਦੇ ਹਨ, ਗਿਆਨ ਦੀਆਂ ਗੱਲਾਂ ਕਰਦੇ ਹਨ ਜਤ ਸਤ ਸੰਜਮ ਦੇ ਸਾਧਨ ਕਰਦੇ ਹਨ, ਪਰ ਪਰਮਾਤਮਾ ਦੇ ਨਾਮ ਤੋਂ ਬਿਨਾ ਆਤਮਕ ਆਨੰਦ ਪ੍ਰਾਪਤ ਨਹੀਂ ਹੁੰਦਾ, ਸਤਿਗੁਰੂ ਤੋਂ ਬਿਨਾ ਮਨ ਦੀ ਭਟਕਣਾ ਦੂਰ ਨਹੀਂ ਹੁੰਦੀ ।੧੩।

(ਇਹ ਲੋਕ) ਨਿਉਲੀ ਕਰਮ ਕਰਦੇ ਹਨ, ਕੁੰਡਲਨੀ ਨੂੰ ਦਸਮ ਦੁਆਰ ਵਿਚ ਖੋਹਲਣਾ ਦੱਸਦੇ ਹਨ, ਮਨ ਦੇ ਹਠ ਨਾਲ (ਪ੍ਰਾਣਾਯਮ ਦੇ ਅੱਭਿਆਸ ਵਿਚ) ਪ੍ਰਾਣ ਉਤਾਂਹ ਚਾੜ੍ਹਦੇ ਹਨ, ਸੁਖਮਨਾ ਵਿਚ ਰੋਕ ਕੇ ਰੱਖਦੇ ਹਨ ਤੇ ਫਿਰ ਹੇਠਾਂ ਉਤਾਰਦੇ ਹਨ ਪਰ ਇਹ ਧਾਰਮਿਕ ਕੰਮ ਨਿਰਾ ਪਾਖੰਡ-ਧਰਮ ਹੀ ਹੈ, ਇਸ ਦੀ ਰਾਹੀਂ ਪਰਮਾਤਮਾ ਨਾਲ ਪ੍ਰੀਤ ਨਹੀਂ ਬਣ ਸਕਦੀ, ਗੁਰ-ਸ਼ਬਦ ਵਾਲਾ ਮਹਾਨ (ਆਨੰਦ ਦੇਣ ਵਾਲਾ) ਰਸ ਨਹੀਂ ਮਿਲਦਾ ।੧੪।

(ਇਕ ਉਹ ਹਨ ਜੇਹੜੇ) ਕੁਦਰਤਿ ਵਿਚ ਵੱਸਦੇ ਪ੍ਰਭੂ ਨੂੰ ਵੇਖਦੇ ਹਨ ਉਹਨਾਂ ਦਾ ਮਨ ਉਸ ਦੀਦਾਰ ਵਿਚ ਪ੍ਰਸੰਨ ਹੁੰਦਾ ਹੈ, ਗੁਰੂ ਦੇ ਸ਼ਬਦ ਵਿਚ ਜੁੜ ਕੇ ਉਹ ਹਰ ਥਾਂ ਪ੍ਰਭੂ ਨੂੰ ਵੱਸਦਾ ਪਛਾਣਦੇ ਹਨ । ਹੇ ਨਾਨਕ! ਉਹਨਾਂ ਨੂੰ ਸਾਰੀ ਸ੍ਰਿਸ਼ਟੀ ਵਿਚ ਵਿਆਪਕ ਪਰਮਾਤਮਾ ਦਿੱਸਦਾ ਹੈ । ਗੁਰੂ ਹੀ ਅਦ੍ਰਿਸ਼ਟ ਪਰਮਾਤਮਾ ਦਾ ਦੀਦਾਰ ਕਰਾਂਦਾ ਹੈ ।੧੫।੫।੨੨।

ਮਾਰੂ ਸੋਲਹੇ ਮਹਲਾ ੩
ੴ ਸਤਿਗੁਰ ਪ੍ਰਸਾਦਿ ॥ ਹੁਕਮੀ ਸਹਜੇ ਸ੍ਰਿਸਟਿ ਉਪਾਈ ॥ ਕਰਿ ਕਰਿ ਵੇਖੈ ਅਪਣੀ ਵਡਿਆਈ ॥ ਆਪੇ ਕਰੇ ਕਰਾਏ ਆਪੇ ਹੁਕਮੇ ਰਹਿਆ ਸਮਾਈ ਹੇ ॥੧॥ ਮਾਇਆ ਮੋਹੁ ਜਗਤੁ ਗੁਬਾਰਾ ॥ ਗੁਰਮੁਖਿ ਬੂਝੈ ਕੋ ਵੀਚਾਰਾ ॥ ਆਪੇ ਨਦਰਿ ਕਰੇ ਸੋ ਪਾਏ ਆਪੇ ਮੇਲਿ ਮਿਲਾਈ ਹੇ ॥੨॥ ਆਪੇ ਮੇਲੇ ਦੇ ਵਡਿਆਈ ॥ ਗੁਰ ਪਰਸਾਦੀ ਕੀਮਤਿ ਪਾਈ ॥ ਮਨਮੁਖਿ ਬਹੁਤੁ ਫਿਰੈ ਬਿਲਲਾਦੀ ਦੂਜੈ ਭਾਇ ਖੁਆਈ ਹੇ ॥੩॥ ਹਉਮੈ ਮਾਇਆ ਵਿਚੇ ਪਾਈ ॥ ਮਨਮੁਖ ਭੂਲੇ ਪਤਿ ਗਵਾਈ ॥ ਗੁਰਮੁਖਿ ਹੋਵੈ ਸੋ ਨਾਇ ਰਾਚੈ ਸਾਚੈ ਰਹਿਆ ਸਮਾਈ ਹੇ ॥੪॥ {ਪੰਨਾ ੧੦੪੩-੧੦੪੪}

ਪਦ ਅਰਥ :—ਸਹਜੇ—ਆਤਮਕ ਅਡੋਲਤਾ ਵਿਚ, ਬਿਨਾ ਕਿਸੇ ਉਚੇਚੇ ਜਤਨ ਦੇ । ਕਰਿ—ਕਰ ਕੇ । ਆਪੇ—ਆਪ ਹੀ । ਹੁਕਮੇ—ਹੁਕਮ ਵਿਚ ਹੀ । ਰਹਿਆ ਸਮਾਈ—ਹਰ ਥਾਂ ਮੌਜੂਦ ਹੈ ।੧।

ਗੁਬਾਰਾ—ਹਨੇਰਾ । ਗੁਰਮੁਖਿ—ਗੁਰੂ ਦੇ ਸਨਮੁਖ ਰਹਿਣ ਵਾਲਾ । ਕੋ—ਕੋਈ ਵਿਰਲਾ । ਨਦਰਿ—ਮਿਹਰ ਦੀ ਨਿਗਾਹ । ਸੋ ਪਾਏ—ਉਹ ਮਨੁੱਖ (ਇਹ ਵਿਚਾਰ) ਪ੍ਰਾਪਤ ਕਰਦਾ ਹੈ । ਮੇਲਿ—(ਗੁਰੂ ਨਾਲ) ਮੇਲ ਕੇ ।੨।

ਦੇ—ਦੇਂਦਾ ਹੈ । ਪਰਸਾਦੀ—ਪਰਸਾਦਿ, ਕਿਰਪਾ ਨਾਲ । ਕੀਮਤਿ—ਕਦਰ । ਮਨਮੁਖਿ—ਆਪਣੇ ਮਨ ਦੇ ਪਿੱਛੇ ਤੁਰਨ ਵਾਲੀ ਲੁਕਾਈ । ਦੂਜੈ ਭਾਇ—(ਪ੍ਰਭੂ ਤੋਂ ਬਿਨਾ) ਹੋਰ ਦੇ ਪਿਆਰ ਵਿਚ । ਖੁਆਈ—ਖੁੰਝੀ ਹੋਈ ਹੈ ।੩।

ਵਿਚੇ—(ਇਸ ਸ੍ਰਿਸ਼ਟੀ ਦੇ) ਵਿਚ ਹੀ । ਮਨਮੁਖ—ਮਨ ਦਾ ਮੁਰੀਦ ਜੀਵ । ਭੂਲੇ—ਭੂਲਿ, ਕੁਰਾਹੇ ਪੈ ਕੇ । ਪਤਿ—ਇੱਜ਼ਤ । ਗੁਰਮੁਖਿ—ਗੁਰੂ ਦੇ ਸਨਮੁਖ । ਨਾਇ—ਨਾਮ ਵਿਚ । ਰਚੈ—ਮਸਤ ਰਹਿੰਦਾ ਹੈ । ਸਾਚੈ—ਸਦਾ-ਥਿਰ ਰਹਿਣ ਵਾਲੇ ਪ੍ਰਭੂ ਵਿਚ । ਸਮਾਈ—ਲੀਨ ।੪।

ਅਰਥ :—ਹੇ ਭਾਈ! ਪਰਮਾਤਮਾ ਨੇ ਬਿਨਾ ਕਿਸੇ ਉਚੇਚੇ ਜਤਨ ਦੇ ਆਪਣੇ ਹੁਕਮ ਦੀ ਰਾਹੀਂ ਇਹ ਸ੍ਰਿਸ਼ਟੀ ਪੈਦਾ ਕਰ ਦਿੱਤੀ ਹੈ । (ਜਗਤ-ਉਤਪਤੀ ਦੇ ਕੰਮ) ਕਰ ਕਰ ਕੇ ਆਪਣੀ ਵਡਿਆਈ (ਆਪ ਹੀ) ਵੇਖ ਰਿਹਾ ਹੈ । ਆਪ ਹੀ ਸਭ ਕੁਝ ਕਰ ਰਿਹਾ ਹੈ, (ਜੀਵਾਂ ਪਾਸੋਂ) ਆਪ ਹੀ ਕਰਾ ਰਿਹਾ ਹੈ, ਆਪਣੀ ਰਜ਼ਾ ਅਨੁਸਾਰ (ਸਾਰੀ ਸ੍ਰਿਸ਼ਟੀ ਵਿਚ) ਵਿਆਪਕ ਹੋ ਰਿਹਾ ਹੈ ।੧।

ਹੇ ਭਾਈ! (ਸ੍ਰਿਸ਼ਟੀ ਵਿਚ ਪ੍ਰਭੂ ਆਪ ਹੀ) ਮਾਇਆ ਦਾ ਮੋਹ ਪੈਦਾ ਕਰਨ ਵਾਲਾ ਹੈ (ਜਿਸ ਨੇ) ਜਗਤ ਘੁੱਪ ਹਨੇਰਾ ਬਣਾ ਰੱਖਿਆ ਹੈ । ਇਸ ਵਿਚਾਰ ਨੂੰ ਗੁਰੂ ਦੇ ਸਨਮੁਖ ਰਹਿਣ ਵਾਲਾ ਕੋਈ ਵਿਰਲਾ ਮਨੁੱਖ ਸਮਝਦਾ ਹੈ । ਹੇ ਭਾਈ! ਜਿਸ ਜੀਵ ਉਤੇ ਪ੍ਰਭੂ ਆਪ ਹੀ ਮਿਹਰ ਦੀ ਨਿਗਾਹ ਕਰਦਾ ਹੈ, ਉਹੀ, ਇਹ ਸੂਝ ਪ੍ਰਾਪਤ ਕਰਦਾ ਹੈ ਕਿ ਪ੍ਰਭੂ ਆਪ ਹੀ (ਗੁਰੂ ਨਾਲ) ਮਿਲਾ ਕੇ (ਆਪਣੇ ਚਰਨਾਂ ਵਿਚ) ਮਿਲਾਂਦਾ ਹੈ ।੨।

ਹੇ ਭਾਈ! ਪ੍ਰਭੂ ਆਪ ਹੀ (ਮਨੁੱਖ ਨੂੰ ਗੁਰੂ ਨਾਲ) ਮਿਲਾਂਦਾ ਹੈ ਤੇ ਇੱਜ਼ਤ ਬਖ਼ਸ਼ਦਾ ਹੈ । ਗੁਰੂ ਦੀ ਕਿਰਪਾ ਨਾਲ (ਉਹ ਮਨੁੱਖ ਇਸ ਮਨੁੱਖਾ ਜਨਮ ਦੀ) ਕਦਰ ਸਮਝਦਾ ਹੈ । ਮਨ ਦੀ ਮੁਰੀਦ ਲੁਕਾਈ ਮਾਇਆ ਦੇ ਪਿਆਰ ਦੇ ਕਾਰਨ (ਸਹੀ ਜੀਵਨ-ਰਾਹ ਤੋਂ) ਖੁੰਝੀ ਹੋਈ ਬਹੁਤ ਵਿਲਕਦੀ ਫਿਰਦੀ ਹੈ ।੩।

ਹੇ ਭਾਈ! (ਇਹ ਸ੍ਰਿਸ਼ਟੀ ਪੈਦਾ ਕਰ ਕੇ ਪ੍ਰਭੂ ਨੇ ਆਪ ਹੀ) ਇਸ ਦੇ ਵਿਚ ਹੀ ਹਉਮੈ ਤੇ ਮਾਇਆ ਪੈਦਾ ਕਰ ਦਿੱਤੀ ਹੈ । ਮਨ ਦੇ ਪਿੱਛੇ ਤੁਰਨ ਵਾਲੀ ਲੁਕਾਈ ਨੇ (ਹਉਮੈ ਮਾਇਆ ਦੇ ਕਾਰਨ) ਕੁਰਾਹੇ ਪੈ ਕੇ ਆਪਣੀ ਇੱਜ਼ਤ ਗਵਾ ਲਈ ਹੈ । ਜਿਹੜਾ ਮਨੁੱਖ ਗੁਰੂ ਦੇ ਸਨਮੁਖ ਰਹਿੰਦਾ ਹੈ, ਉਹ ਪਰਮਾਤਮਾ ਦੇ ਨਾਮ ਵਿਚ ਮਸਤ ਰਹਿੰਦਾ ਹੈ (ਤੇ ਨਾਮ ਦੀ ਬਰਕਤਿ ਨਾਲ ਉਹ) ਸਦਾ-ਥਿਰ ਰਹਿਣ ਵਾਲੇ ਪਰਮਾਤਮਾ ਵਿਚ ਲੀਨ ਰਹਿੰਦਾ ਹੈ ।੪।

ਗੁਰ ਤੇ ਗਿਆਨੁ ਨਾਮ ਰਤਨੁ ਪਾਇਆ ॥ ਮਨਸਾ ਮਾਰਿ ਮਨ ਮਾਹਿ ਸਮਾਇਆ ॥ ਆਪੇ ਖੇਲ ਕਰੇ ਸਭਿ ਕਰਤਾ ਆਪੇ ਦੇਇ ਬੁਝਾਈ ਹੇ ॥੫॥ ਸਤਿਗੁਰੁ ਸੇਵੇ ਆਪੁ ਗਵਾਏ ॥ ਮਿਲਿ ਪ੍ਰੀਤਮ ਸਬਦਿ ਸੁਖੁ ਪਾਏ ॥ ਅੰਤਰਿ ਪਿਆਰੁ ਭਗਤੀ ਰਾਤਾ ਸਹਜਿ ਮਤੇ ਬਣਿ ਆਈ ਹੇ ॥੬॥ ਦੂਖ ਨਿਵਾਰਣੁ ਗੁਰ ਤੇ ਜਾਤਾ ॥ ਆਪਿ ਮਿਲਿਆ ਜਗਜੀਵਨੁ ਦਾਤਾ ॥ ਜਿਸ ਨੋ ਲਾਏ ਸੋਈ ਬੂਝੈ ਭਉ ਭਰਮੁ ਸਰੀਰਹੁ ਜਾਈ ਹੇ ॥੭॥ ਆਪੇ ਗੁਰਮੁਖਿ ਆਪੇ ਦੇਵੈ ॥ ਸਚੈ ਸਬਦਿ ਸਤਿਗੁਰੁ ਸੇਵੈ ॥ ਜਰਾ ਜਮੁ ਤਿਸੁ ਜੋਹਿ ਨ ਸਾਕੈ ਸਾਚੇ ਸਿਉ ਬਣਿ ਆਈ ਹੇ ॥੮॥ {ਪੰਨਾ ੧੦੪੪}

ਪਦ ਅਰਥ :—ਗੁਰ ਤੇ—ਗੁਰੂ ਪਾਸੋਂ । ਗਿਆਨੁ—ਆਤਮਕ ਜੀਵਨ ਦੀ ਸੂਝ । ਮਨਸਾ—{ਮਨੀ—ਾ} ਮਨ ਦਾ ਫੁਰਨਾ । ਮਾਰਿ—ਮਾਰ ਕੇ । ਮਨ ਮਾਹਿ—ਮਨ ਵਿਚ ਹੀ । ਸਮਾਇਆ—ਲੀਨ ਹੋ ਗਿਆ, ਭਟਕਣੋਂ ਹਟ ਗਿਆ । ਸਭਿ—ਸਾਰੇ । ਦੇਇ—ਦੇਂਦਾ ਹੈ । ਬੁਝਾਈ—ਸਮਝ ।੫।

ਆਪੁ—ਆਪਾ-ਭਾਵ । ਮਿਲਿ—ਮਿਲ ਕੇ । ਸਬਦਿ—ਗੁਰੂ ਦੇ ਸ਼ਬਦ ਦੀ ਰਾਹੀਂ । ਰਾਤਾ—ਰੰਗਿਆ ਹੋਇਆ । ਸਹਜਿ—ਆਤਮਕ ਅਡੋਲਤਾ ਵਿਚ । ਸਹਜਿ ਮਤੇ—ਆਤਮਕ ਅਡੋਲਤਾ ਵਿਚ ਟਿਕਣ ਵਾਲੀ ਮਤਿ ਦੇ ਕਾਰਨ । ਬਣਿ ਆਈ—ਪ੍ਰਭੂ ਨਾਲ ਪ੍ਰੀਤ ਬਣ ਜਾਂਦੀ ਹੈ ।੬।

ਜਾਤਾ—ਪਛਾਣਿਆ, ਸਾਂਝ ਪਾ ਲਈ । ਜਗਜੀਵਨੁ—ਜਗਤ ਦਾ ਜੀਵਨ ਪ੍ਰਭੂ । ਜਿਸ ਨੋ—{ਸੰਬੰਧਕ 'ਨੋ' ਦੇ ਕਾਰਨ ਲਫ਼ਜ਼ 'ਜਿਸੁ' ਦਾ ੁ ਉੱਡ ਗਿਆ ਹੈ} । ਭਉ—ਡਰ । ਭਰਮੁ—ਭਟਕਣਾ । ਸਰੀਰਹੁ—ਸਰੀਰ ਵਿਚੋਂ ।੭।

ਸਚੈ ਸਬਦਿ—ਸਦਾ-ਥਿਰ ਪ੍ਰਭੂ ਦੀ ਸਿਫ਼ਤਿ-ਸਾਲਾਹ ਦੀ ਬਾਣੀ ਵਿਚ । ਜਰਾ—ਬੁਢੇਪਾ । ਜਮੁ—ਮੌਤ, ਆਤਮਕ ਮੌਤ । ਜੋਹਿ ਨ ਸਾਕੈ—ਤੱਕ ਨਹੀਂ ਸਕਦਾ । ਸਿਉ—ਨਾਲ ।੮।

ਅਰਥ :—ਹੇ ਭਾਈ! ਜਿਹੜਾ ਮਨੁੱਖ ਗੁਰੂ ਪਾਸੋਂ ਆਤਮਕ ਜੀਵਨ ਦੀ ਸੂਝ ਅਤੇ ਪਰਮਾਤਮਾ ਦਾ ਕੀਮਤੀ ਨਾਮ ਹਾਸਲ ਕਰ ਲੈਂਦਾ ਹੈ, ਉਹ ਆਪਣੇ ਮਨ ਦੇ ਫੁਰਨੇ ਨੂੰ ਮਾਰ ਕੇ ਅੰਤਰ-ਆਤਮੇ ਹੀ ਲੀਨ ਰਹਿੰਦਾ ਹੈ, ਉਸ ਨੂੰ ਪਰਮਾਤਮਾ ਆਪ ਹੀ ਇਹ ਸਮਝ ਬਖ਼ਸ਼ ਦੇਂਦਾ ਹੈ ਕਿ ਸਾਰੇ ਖੇਲ ਪਰਮਾਤਮਾ ਆਪ ਹੀ

ਕਰ ਰਿਹਾ ਹੈ ।੫।

ਹੇ ਭਾਈ! ਜਿਹੜਾ ਮਨੁੱਖ ਆਪਾ-ਭਾਵ ਦੂਰ ਕਰ ਕੇ ਗੁਰੂ ਦੀ ਸਰਨ ਪੈਂਦਾ ਹੈ, ਉਹ ਮਨੁੱਖ ਪ੍ਰੀਤਮ-ਪ੍ਰਭੂ ਨੂੰ ਮਿਲ ਕੇ ਗੁਰੂ ਦੇ ਸ਼ਬਦ ਦੀ ਰਾਹੀਂ ਆਤਮਕ ਆਨੰਦ ਮਾਣਦਾ ਹੈ । ਉਸ ਦੇ ਅੰਦਰ ਪਰਮਾਤਮਾ ਦਾ ਪਿਆਰ ਬਣਿਆ ਰਹਿੰਦਾ ਹੈ, ਉਹ ਮਨੁੱਖ ਪਰਮਾਤਮਾ ਦੀ ਭਗਤੀ ਵਿਚ ਰੰਗਿਆ ਰਹਿੰਦਾ ਹੈ । ਆਤਮਕ ਅਡੋਲਤਾ ਵਾਲੀ ਬੁੱਧੀ ਦੇ ਕਾਰਨ ਪ੍ਰਭੂ ਨਾਲ ਉਸ ਦੀ ਪ੍ਰਤੀਤ ਬਣੀ ਰਹਿੰਦੀ ਹੈ ।੬।

ਹੇ ਭਾਈ! ਗੁਰੂ ਦੀ ਰਾਹੀਂ ਜਿਸ ਮਨੁੱਖ ਨੇ ਦੁੱਖਾਂ ਦੇ ਨਾਸ ਕਰਨ ਵਾਲੇ ਪ੍ਰਭੂ ਨਾਲ ਡੂੰਘੀ ਸਾਂਝ ਪਾ ਲਈ, ਸਭ ਦਾਤਾਂ ਦੇਣ ਵਾਲਾ ਤੇ ਜਗਤ ਦਾ ਆਸਰਾ ਪ੍ਰਭੂ ਆਪ ਉਸ ਨੂੰ ਆ ਮਿਲਿਆ । ਉਹੀ ਮਨੁੱਖ ਆਤਮਕ ਜੀਵਨ ਦੀ ਸੂਝ ਪ੍ਰਾਪਤ ਕਰਦਾ ਹੈ, ਜਿਸ ਨੂੰ ਪ੍ਰਭੂ ਆਪ ਭਗਤੀ ਵਿਚ ਜੋੜਦਾ ਹੈ । ਉਸ ਮਨੁੱਖ ਦੇ ਅੰਦਰੋਂ ਹਰੇਕ ਕਿਸਮ ਦਾ ਡਰ ਹਰੇਕ ਭਰਮ ਦੂਰ ਹੋ ਜਾਂਦਾ ਹੈ ।੭।

ਹੇ ਭਾਈ! ਜਿਸ ਮਨੁੱਖ ਨੂੰ ਪ੍ਰਭੂ ਆਪ ਹੀ ਗੁਰੂ ਦੇ ਸਨਮੁਖ ਰੱਖਦਾ ਹੈ ਜਿਸ ਨੂੰ ਆਪ ਹੀ ਭਗਤੀ ਦੀ ਦਾਤਿ ਦੇਂਦਾ ਹੈ, ਉਹ ਮਨੁੱਖ ਗੁਰੂ ਦੀ ਸਰਨ ਪਿਆ ਰਹਿੰਦਾ ਹੈ । ਉਹ ਮਨੁੱਖ ਸਦਾ-ਥਿਰ ਪ੍ਰਭੂ ਦੀ ਸਿਫ਼ਤਿ-ਸਾਲਾਹ ਦੇ ਸ਼ਬਦ ਵਿਚ ਜੁੜਿਆ ਰਹਿੰਦਾ ਹੈ । ਸਦਾ-ਥਿਰ ਰਹਿਣ ਵਾਲੇ ਪਰਮਾਤਮਾ ਨਾਲ ਉਸ ਦੀ ਅਜਿਹੀ ਪ੍ਰੀਤ ਬਣ ਜਾਂਦੀ ਹੈ ਕਿ ਉਸ ਪ੍ਰੀਤ ਨੂੰ ਨਾਹ ਬੁਢੇਪਾ ਤੇ ਨਾਹ ਹੀ ਆਤਮਕ ਮੌਤ ਤੱਕ ਸਕਦੇ ਹਨ (ਭਾਵ, ਨਾਹ ਉਹ ਪ੍ਰੀਤ ਕਦੇ ਕਮਜ਼ੋਰ ਹੁੰਦੀ ਹੈ ਤੇ ਨਾਹ ਹੀ ਉਥੇ ਵਿਕਾਰਾਂ ਨੂੰ ਆਉਣ ਦਾ ਮੌਕਾ ਮਿਲਦਾ ਹੈ) ।੮।

ਤ੍ਰਿਸਨਾ ਅਗਨਿ ਜਲੈ ਸੰਸਾਰਾ ॥ ਜਲਿ ਜਲਿ ਖਪੈ ਬਹੁਤੁ ਵਿਕਾਰਾ ॥ ਮਨਮੁਖੁ ਠਉਰ ਨ ਪਾਏ ਕਬਹੂ ਸਤਿਗੁਰ ਬੂਝ ਬੁਝਾਈ ਹੇ ॥੯॥ ਸਤਿਗੁਰੁ ਸੇਵਨਿ ਸੇ ਵਡਭਾਗੀ ॥ ਸਾਚੈ ਨਾਮਿ ਸਦਾ ਲਿਵ ਲਾਗੀ ॥ ਅੰਤਰਿ ਨਾਮੁ ਰਵਿਆ ਨਿਹਕੇਵਲੁ ਤ੍ਰਿਸਨਾ ਸਬਦਿ ਬੁਝਾਈ ਹੇ ॥੧੦॥ ਸਚਾ ਸਬਦੁ ਸਚੀ ਹੈ ਬਾਣੀ ॥ ਗੁਰਮੁਖਿ ਵਿਰਲੈ ਕਿਨੈ ਪਛਾਣੀ ॥ ਸਚੇ ਸਬਦਿ ਰਤੇ ਬੈਰਾਗੀ ਆਵਣੁ ਜਾਣੁ ਰਹਾਈ ਹੇ ॥੧੧॥ ਸਬਦੁ ਬੁਝੈ ਸੋ ਮੈਲੁ ਚੁਕਾਏ ॥ ਨਿਰਮਲ ਨਾਮੁ ਵਸੈ ਮਨਿ ਆਏ ॥ ਸਤਿਗੁਰੁ ਅਪਣਾ ਸਦ ਹੀ ਸੇਵਹਿ ਹਉਮੈ ਵਿਚਹੁ ਜਾਈ ਹੇ ॥੧੨॥ {ਪੰਨਾ ੧੦੪੪}

ਪਦ ਅਰਥ :—ਤ੍ਰਿਸਨਾ—ਮਾਇਆ ਦਾ ਲਾਲਚ । ਜਲੈ—ਸੜ ਰਿਹਾ ਹੈ {ਇਕ-ਵਚਨ} । ਜਲਿ—ਸੜ ਕੇ । ਜਲਿ ਜਲਿ—ਸੜ ਸੜ ਕੇ, ਮੁੜ ਮੁੜ ਸੜ ਕੇ । ਖਪੈ—ਖ਼ੁਆਰ ਹੋ ਰਿਹਾ ਹੈ । ਮਨਮੁਖੁ—ਮਨ ਦਾ ਮੁਰੀਦ । ਕਬਹੂ—ਕਦੇ ਭੀ । ਬੂਝ—ਆਤਮਕ ਜੀਵਨ ਦੀ ਸੂਝ ।੯।

ਸੇਵਨਿ—{ਬਹੁ-ਵਚਨ} ਜੋ ਸੇਂਵਦੇ ਹਨ, ਜੋ ਸਰਨ ਆਉਂਦੇ ਹਨ । ਸੇ—{ਬਹੁ-ਵਚਨ} ਉਹ । ਨਾਮਿ—ਨਾਮ ਵਿਚ । ਸਾਚੈ ਨਾਮਿ—ਸਦਾ-ਥਿਰ ਪ੍ਰਭੂ ਦੇ ਨਾਮ ਵਿਚ । ਲਿਵ—ਲਗਨ । ਨਿਹਕੇਵਲੁ—ਵਾਸਨਾ-ਰਹਿਤ, ਪਵਿੱਤਰ । ਸਬਦਿ—ਸ਼ਬਦ ਦੀ ਰਾਹੀਂ ।੧੦।

ਸਚਾ—ਸੱਚਾ, ਸਦਾ-ਥਿਰ ਰਹਿਣ ਵਾਲਾ । ਸਚੀ—ਸਦਾ-ਥਿਰ ਰਹਿਣ ਵਾਲੀ । ਗੁਰਮੁਖਿ—ਉਸ ਮਨੁੱਖ ਨੇ ਜੋ ਗੁਰੂ ਦੇ ਸਨਮੁਖ ਰਹਿੰਦਾ ਹੈ । ਸਚੈ ਸਬਦਿ—ਸਦਾ-ਥਿਰ ਪ੍ਰਭੂ ਦੀ ਸਿਫ਼ਤਿ-ਸਾਲਾਹ ਵਿਚ । ਰਤੇ—ਰੰਗੇ ਹੋਏ । ਬੈਰਾਗੀ—ਮਾਇਆ ਦੇ ਮੋਹ ਤੋਂ ਉਪਰਾਮ । ਆਵਣੁ ਜਾਣੁ—ਜੰਮਣ ਮਰਨ । ਰਹਾਈ—ਮੁੱਕ ਜਾਂਦਾ ਹੈ ।੧੧।

ਬੁਝੈ—ਬੁੱਝ ਲੈਂਦਾ ਹੈ । ਚੁਕਾਏ—ਦੂਰ ਕਰ ਲੈਂਦਾ ਹੈ । ਮਨਿ—ਮਨ ਵਿਚ । ਆਏ—ਆਇ, ਆ ਕੇ । ਸਦ—ਸਦਾ । ਸੇਵਹਿ—ਸੇਂਵਦੇ ਹਨ {ਬਹੁ-ਵਚਨ} । ਵਿਚਹੁ—ਅੰਦਰੋਂ ।੧੨।

ਅਰਥ :—ਹੇ ਭਾਈ! ਜਗਤ ਮਾਇਆ ਦੀ ਤ੍ਰਿਸ਼ਨਾ ਦੀ ਅੱਗ ਵਿਚ ਸੜ ਰਿਹਾ ਹੈ, ਵਿਕਾਰਾਂ ਵਿਚ ਸੜ ਸੜ ਕੇ ਬਹੁਤ ਦੁੱਖੀ ਹੋ ਰਿਹਾ ਹੈ । ਆਪਣੇ ਮਨ ਦੇ ਪਿੱਛੇ ਤੁਰਨ ਵਾਲਾ ਮਨੁੱਖ (ਇਸ ਅੱਗ ਤੋਂ ਬਚਾਉ ਦਾ) ਥਾਂ ਕਦੇ ਭੀ ਨਹੀਂ ਲੱਭ ਸਕਦਾ । (ਉਹੀ ਮਨੁੱਖ ਬਚਾਉ ਦਾ ਥਾਂ ਲੱਭਦਾ ਹੈ ਜਿਸ ਨੂੰ) ਗੁਰੂ ਆਤਮਕ ਜੀਵਨ ਦੀ ਸੂਝ ਬਖ਼ਸ਼ਦਾ ਹੈ ।੯।

ਹੇ ਭਾਈ! ਉਹ ਮਨੁੱਖ ਵੱਡੇ ਭਾਗਾਂ ਵਾਲੇ ਹਨ, ਜਿਹੜੇ ਗੁਰੂ ਦੀ ਸਰਨ ਪੈਂਦੇ ਹਨ, ਸਦਾ-ਥਿਰ ਪ੍ਰਭੂ ਦੇ ਨਾਮ ਵਿਚ ਉਹਨਾਂ ਦੀ ਸੁਰਤਿ ਸਦਾ ਜੁੜੀ ਰਹਿੰਦੀ ਹੈ । ਉਹਨਾਂ ਦੇ ਅੰਦਰ ਪਰਮਾਤਮਾ ਦਾ ਪਵਿੱਤਰ ਕਰਨ ਵਾਲਾ ਨਾਮ ਸਦਾ ਟਿਕਿਆ ਰਹਿੰਦਾ ਹੈ, ਗੁਰੂ ਦੇ ਸ਼ਬਦ ਦੀ ਰਾਹੀਂ (ਉਹਨਾਂ ਨੇ ਆਪਣੇ ਅੰਦਰੋਂ) ਤ੍ਰਿਸ਼ਨਾ (ਦੀ ਅੱਗ) ਬੁਝਾ ਲਈ ਹੁੰਦੀ ਹੈ ।੧੦।

ਹੇ ਭਾਈ! ਗੁਰੂ ਦੇ ਸਨਮੁਖ ਰਹਿਣ ਵਾਲੇ ਕਿਸੇ ਵਿਰਲੇ ਮਨੁੱਖ ਨੇ ਇਹ ਗੱਲ ਸਮਝੀ ਹੈ ਕਿ ਸਦਾ-ਥਿਰ ਪਦਾਰਥ ਗੁਰ-ਸ਼ਬਦ ਹੀ ਹੈ, ਸਦਾ-ਥਿਰ ਵਸਤ ਸਿਫ਼ਤਿ-ਸਾਲਾਹ ਦੀ ਬਾਣੀ ਹੀ ਹੈ । ਜਿਹੜੇ ਮਨੁੱਖ ਸਦਾ-ਥਿਰ ਪ੍ਰਭੂ ਦੀ ਸਿਫ਼ਤਿ-ਸਾਲਾਹ ਵਿਚ ਰੰਗੇ ਰਹਿੰਦੇ ਹਨ, ਉਹ ਮਾਇਆ ਤੋਂ ਉਪਰਾਮ ਰਹਿੰਦੇ ਹਨ, ਉਹਨਾਂ ਦਾ ਜੰਮਣ ਮਰਨ (ਦਾ ਗੇੜ) ਮੁੱਕ ਜਾਂਦਾ ਹੈ ।੧੧।

ਹੇ ਭਾਈ! ਜਿਹੜਾ ਮਨੁੱਖ ਗੁਰੂ ਦੇ ਸ਼ਬਦ ਨੂੰ ਸਮਝ ਲੈਂਦਾ ਹੈ (ਭਾਵ, ਆਪਣੀ ਬੁੱਧੀ ਦਾ ਹਿੱਸਾ ਬਣਾ ਲੈਂਦਾ ਹੈ) ਉਹ (ਆਪਣੇ ਅੰਦਰੋਂ ਵਿਕਾਰਾਂ ਦੀ) ਮੈਲ ਦੂਰ ਕਰ ਲੈਂਦਾ ਹੈ । ਪਰਮਾਤਮਾ ਦਾ ਪਵਿੱਤਰ ਨਾਮ ਉਸ ਦੇ ਮਨ ਵਿਚ ਆ ਵੱਸਦਾ ਹੈ । ਜਿਹੜੇ ਮਨੁੱਖ ਸਦਾ ਆਪਣੇ ਗੁਰੂ ਦੀ ਸਰਨ ਪਏ ਰਹਿੰਦੇ ਹਨ, ਉਹਨਾਂ ਦੇ ਅੰਦਰੋਂ ਹਉਮੈ ਦੂਰ ਹੋ ਜਾਂਦੀ ਹੈ ।੧੨।

ਗੁਰ ਤੇ ਬੂਝੈ ਤਾ ਦਰੁ ਸੂਝੈ ॥ ਨਾਮ ਵਿਹੂਣਾ ਕਥਿ ਕਥਿ ਲੂਝੈ ॥ ਸਤਿਗੁਰ ਸੇਵੇ ਕੀ ਵਡਿਆਈ ਤ੍ਰਿਸਨਾ ਭੂਖ ਗਵਾਈ ਹੇ ॥੧੩॥ ਆਪੇ ਆਪਿ ਮਿਲੈ ਤਾ ਬੂਝੈ ॥ ਗਿਆਨ ਵਿਹੂਣਾ ਕਿਛੂ ਨ ਸੂਝੈ ॥ ਗੁਰ ਕੀ ਦਾਤਿ ਸਦਾ ਮਨ ਅੰਤਰਿ ਬਾਣੀ ਸਬਦਿ ਵਜਾਈ ਹੇ ॥੧੪॥ ਜੋ ਧੁਰਿ ਲਿਖਿਆ ਸੁ ਕਰਮ ਕਮਾਇਆ ॥ ਕੋਇ ਨ ਮੇਟੈ ਧੁਰਿ ਫੁਰਮਾਇਆ ॥ ਸਤਸੰਗਤਿ ਮਹਿ ਤਿਨ ਹੀ ਵਾਸਾ ਜਿਨ ਕਉ ਧੁਰਿ ਲਿਖਿ ਪਾਈ ਹੇ ॥੧੫॥ ਅਪਣੀ ਨਦਰਿ ਕਰੇ ਸੋ ਪਾਏ ॥ ਸਚੈ ਸਬਦਿ ਤਾੜੀ ਚਿਤੁ ਲਾਏ ॥ ਨਾਨਕ ਦਾਸੁ ਕਹੈ ਬੇਨੰਤੀ ਭੀਖਿਆ ਨਾਮੁ ਦਰਿ ਪਾਈ ਹੇ ॥੧੬॥੧॥ {ਪੰਨਾ ੧੦੪੪}

ਪਦ ਅਰਥ :—ਤੇ—ਤੋਂ, ਪਾਸੋਂ । ਬੂਝੈ—(ਸਹੀ ਜੀਵਨ-ਰਾਹ) ਸਮਝਦਾ ਹੈ । ਤਾ—ਤਦੋਂ । ਦਰੁ—(ਪ੍ਰਭੂ ਦਾ) ਦਰਵਾਜ਼ਾ । ਸੂਝੈ—ਸੁੱਝ ਪੈਂਦਾ ਹੈ, ਦਿੱਸ

ਪੈਂਦਾ ਹੈ । ਕਥਿ—ਕਥ ਕੇ । ਕਥਿ ਕਥਿ—(ਹੋਰਨਾਂ ਨੂੰ) ਵਖਿਆਨ ਕਰ ਕਰ ਕੇ । ਲੂਝੈ—(ਅੰਦਰੋਂ ਤ੍ਰਿਸ਼ਨਾ ਦੀ ਅੱਗ ਵਿਚ) ਸੜਦਾ ਰਹਿੰਦਾ ਹੈ ।੧੩।

ਆਪੇ—ਆਪ ਹੀ । ਗਿਆਨ—ਆਤਮਕ ਜੀਵਨ ਦੀ ਸੂਝ । ਦਾਤਿ—ਬਖ਼ਸ਼ਸ਼ । ਅੰਤਰਿ—ਅੰਦਰ । ਸਬਦਿ—ਗੁਰੂ ਦੇ ਸ਼ਬਦ ਦੀ ਰਾਹੀਂ । ਵਜਾਈ—ਪ੍ਰਭਾਵ ਪਾਇਆ ।੧੪।

ਧੁਰਿ—ਪ੍ਰਭੂ ਦੀ ਹਜ਼ੂਰੀ ਤੋਂ । ਮੇਟੈ—ਮਿਟਾ ਸਕਦਾ । ਤਿਨ ਹੀ ਵਾਸਾ—ਉਹਨਾਂ ਦਾ ਹੀ ਨਿਵਾਸ । ਕਉ—ਨੂੰ । ਲਿਖਿ—ਲਿਖ ਕੇ । ਪਾਈ—(ਇਹ ਦਾਤਿ ਭਾਗਾਂ ਵਿਚ) ਪਾ ਦਿੱਤੀ ਹੈ ।੧੫।

ਨਦਰਿ—ਮਿਹਰ ਦੀ ਨਿਗਾਹ । ਸਚੈ ਸਬਦਿ—ਸਦਾ-ਥਿਰ ਪ੍ਰਭੂ ਦੀ ਸਿਫ਼ਤਿ-ਸਾਲਾਹ ਬਾਣੀ ਦੀ ਰਾਹੀਂ । ਤਾੜੀ—ਸਮਾਧੀ ਵਿਚ, ਇਕਾਗ੍ਰਤਾ ਵਿਚ । ਭੀਖਿਆ—ਖ਼ੈਰ, ਭਿੱਛਿਆ । ਦਰਿ—ਪ੍ਰਭੂ ਦੇ ਦਰ ਤੇ ।੧੬।

ਅਰਥ :—ਹੇ ਭਾਈ! ਜਦੋਂ ਮਨੁੱਖ ਗੁਰੂ ਪਾਸੋਂ (ਸਹੀ ਜੀਵਨ-ਰਾਹ ਦਾ ਉਪਦੇਸ਼) ਸਮਝ ਲੈਂਦਾ ਹੈ, ਤਦੋਂ ਉਸ ਨੂੰ ਪਰਮਾਤਮਾ ਦਾ ਦਰ ਦਿੱਸ ਪੈਂਦਾ ਹੈ (ਭਾਵ, ਉਸ ਨੂੰ ਇਹ ਦਿੱਸ ਪੈਂਦਾ ਹੈ ਕਿ ਹਰਿ-ਨਾਮ ਹੀ ਪ੍ਰਭੂ-ਮਿਲਾਪ ਦਾ ਵਸੀਲਾ ਹੈ) । ਪਰ ਜਿਹੜਾ ਮਨੁੱਖ ਨਾਮ ਤੋਂ ਸੱਖਣਾ ਹੈ ਉਹ (ਹੋਰਨਾਂ ਨੂੰ) ਵਖਿਆਨ ਕਰ ਕਰ ਕੇ (ਆਪ ਅੰਦਰੋਂ ਤ੍ਰਿਸ਼ਨਾ ਦੀ ਅੱਗ ਵਿਚ) ਸੜਦਾ ਰਹਿੰਦਾ ਹੈ । ਹੇ ਭਾਈ! ਗੁਰੂ ਦੀ ਸਰਨ ਪੈਣ ਦੀ ਬਰਕਤਿ ਇਹ ਹੈ ਕਿ ਮਨੁੱਖ (ਆਪਣੇ ਅੰਦਰੋਂ ਮਾਇਆ ਦੀ) ਤ੍ਰਿਸ਼ਨਾ (ਮਾਇਆ ਦੀ) ਭੁੱਖ ਦੂਰ ਕਰ ਲੈਂਦਾ ਹੈ ।੧੩।

ਪਰ, ਹੇ ਭਾਈ! (ਜੀਵਾਂ ਦੇ ਕੀਹ ਵੱਸ?) ਪਰਮਾਤਮਾ ਆਪ ਹੀ ਜੀਵ ਨੂੰ ਮਿਲ ਪਏ, ਤਦੋਂ ਹੀ ਉਹ (ਸਹੀ ਜੀਵਨ-ਰਾਹ ਨੂੰ) ਸਮਝਦਾ ਹੈ । ਆਤਮਕ ਜੀਵਨ ਦੀ ਸੂਝ ਤੋਂ ਬਿਨਾ ਮਨੁੱਖ ਨੂੰ (ਮਾਇਆ ਦੀ ਤ੍ਰਿਸ਼ਨਾ ਭੁੱਖ ਤੋਂ ਬਿਨਾ ਹੋਰ) ਕੁਝ ਨਹੀਂ ਸੁੱਝਦਾ । ਹੇ ਭਾਈ! ਜਿਸ ਮਨੁੱਖ ਦੇ ਮਨ ਵਿਚ ਗੁਰੂ ਦੀ ਬਖ਼ਸ਼ੀ (ਆਤਮਕ ਜੀਵਨ ਦੀ ਸੂਝ ਦੀ) ਦਾਤਿ ਸਦਾ ਵੱਸਦੀ ਹੈ, ਉਹ ਮਨੁੱਖ ਗੁਰੂ ਦੇ ਸ਼ਬਦ ਵਿਚ ਜੁੜ ਕੇ ਪਰਮਾਤਮਾ ਦੀ ਸਿਫ਼ਤਿ-ਸਾਲਾਹ ਦਾ ਪ੍ਰਭਾਵ ਆਪਣੇ ਅੰਦਰ ਬਣਾਈ ਰੱਖਦਾ ਹੈ (ਜਿਵੇਂ ਵੱਜ ਰਹੇ ਵਾਜਿਆਂ ਦੇ ਕਾਰਨ ਕੋਈ ਹੋਰ ਨਿੱਕੀ-ਮੋਟੀ ਆਵਾਜ਼ ਨਹੀਂ ਸੁਣੀ ਜਾਂਦੀ) ।੧੪।

(ਹੇ ਭਾਈ! ਸਾਰੀ ਖੇਡ ਪਰਮਾਤਮਾ ਦੀ ਰਜ਼ਾ ਵਿਚ ਹੋ ਰਹੀ ਹੈ) ਧੁਰ ਦਰਗਾਹ ਤੋਂ (ਰਜ਼ਾ ਅਨੁਸਾਰ ਜੀਵ ਦੇ ਮੱਥੇ ਉਤੇ ਜੋ ਲੇਖ) ਲਿਖਿਆ ਜਾਂਦਾ ਹੈ, ਉਹੀ ਕਰਮ ਜੀਵ ਕਮਾਂਦਾ ਰਹਿੰਦਾ ਹੈ । ਧੁਰੋਂ ਹੋਏ ਹੁਕਮ ਨੂੰ ਕੋਈ ਜੀਵ ਮਿਟਾ ਨਹੀਂ ਸਕਦਾ । ਹੇ ਭਾਈ! ਸਾਧ ਸੰਗਤਿ ਵਿਚ ਉਹਨਾਂ ਮਨੁੱਖਾਂ ਨੂੰ ਹੀ ਬਹਿਣ ਦਾ ਅਵਸਰ ਮਿਲਦਾ ਹੈ, ਜਿਨ੍ਹਾਂ ਦੇ ਮੱਥੇ ਉੱਤੇ ਧੁਰੋਂ ਲਿਖ ਕੇ ਇਹ ਬਖ਼ਸ਼ਸ਼ ਸੌਂਪੀ ਜਾਂਦੀ ਹੈ ।੧੫।

ਹੇ ਭਾਈ! (ਸਾਧ ਸੰਗਤਿ ਵਿਚ ਟਿਕਣ ਦੀ ਦਾਤਿ) ਉਹ ਮਨੁੱਖ ਹਾਸਲ ਕਰਦਾ ਹੈ, ਜਿਸ ਉੱਤੇ ਪਰਮਾਤਮਾ ਆਪਣੀ ਮਿਹਰ ਦੀ ਨਿਗਾਹ ਕਰਦਾ ਹੈ । ਉਹ ਮਨੁੱਖ ਸਦਾ-ਥਿਰ ਪ੍ਰਭੂ ਦੀ ਸਿਫ਼ਤਿ-ਸਾਲਾਹ ਦੀ ਬਾਣੀ ਵਿਚ ਆਪਣਾ ਮਨ ਜੋੜਦਾ ਹੈ—ਇਹੀ ਹੈ (ਉਸ ਦੀ ਜੋਗੀਆਂ ਵਾਲੀ) ਸਮਾਧੀ ।

ਹੇ ਭਾਈ! (ਪ੍ਰਭੂ ਦਾ) ਦਾਸ ਨਾਨਕ ਬੇਨਤੀ ਕਰਦਾ ਹੈ (ਕਿ ਉਹ ਮਨੁੱਖ ਪ੍ਰਭੂ ਦੇ) ਦਰ ਤੇ (ਹਾਜ਼ਰ ਰਹਿ ਕੇ) ਪ੍ਰਭੂ ਦਾ ਨਾਮ-ਭਿੱਛਿਆ ਪ੍ਰਾਪਤ ਕਰ ਲੈਂਦਾ ਹੈ ।੧੬।੧।

ਮਾਰੂ ਮਹਲਾ ੩ ॥ ਏਕੋ ਏਕੁ ਵਰਤੈ ਸਭੁ ਸੋਈ ॥ ਗੁਰਮੁਖਿ ਵਿਰਲਾ ਬੂਝੈ ਕੋਈ ॥ ਏਕੋ ਰਵਿ ਰਹਿਆ ਸਭ ਅੰਤਰਿ ਤਿਸੁ ਬਿਨੁ ਅਵਰੁ ਨ ਕੋਈ ਹੇ ॥੧॥ ਲਖ ਚਉਰਾਸੀਹ ਜੀਅ ਉਪਾਏ ॥ ਗਿਆਨੀ ਧਿਆਨੀ ਆਖਿ ਸੁਣਾਏ ॥ ਸਭਨਾ ਰਿਜਕੁ ਸਮਾਹੇ ਆਪੇ ਕੀਮਤਿ ਹੋਰ ਨ ਹੋਈ ਹੇ ॥੨॥ ਮਾਇਆ ਮੋਹੁ ਅੰਧੁ ਅੰਧਾਰਾ ॥ ਹਉਮੈ ਮੇਰਾ ਪਸਰਿਆ ਪਾਸਾਰਾ ॥ ਅਨਦਿਨੁ ਜਲਤ ਰਹੈ ਦਿਨੁ ਰਾਤੀ ਗੁਰ ਬਿਨੁ ਸਾਂਤਿ ਨ ਹੋਈ ਹੇ ॥੩॥ ਆਪੇ ਜੋੜਿ ਵਿਛੋੜੇ ਆਪੇ ॥ ਆਪੇ ਥਾਪਿ ਉਥਾਪੇ ਆਪੇ ॥ ਸਚਾ ਹੁਕਮੁ ਸਚਾ ਪਾਸਾਰਾ ਹੋਰਨਿ ਹੁਕਮੁ ਨ ਹੋਈ ਹੇ ॥੪॥ {ਪੰਨਾ ੧੦੪੪-੧੦੪੫}

ਪਦ ਅਰਥ :—ਸਭੁ—ਹਰ ਥਾਂ । ਵਰਤੈ—ਮੌਜੂਦ ਹੈ । ਸੋਈ—ਉਹ ਹੀ । ਗੁਰਮੁਖਿ—ਗੁਰੂ ਦੇ ਸਨਮੁਖ ਰਹਿਣ ਵਾਲਾ ਮਨੁੱਖ । ਰਵਿ ਰਹਿਆ—ਵਿਆਪਕ ਹੈ । ਅੰਤਰਿ—ਅੰਦਰ । ਅਵਰੁ—ਕੋਈ ਹੋਰ ।੧।

ਜੀਅ—{ਲਫ਼ਜ਼ 'ਜੀਉ' ਤੋਂ ਬਹੁ-ਵਚਨ} । ਆਖਿ—ਆਖ ਕੇ । ਸਮਾਹੇ—ਅਪੜਾਂਦਾ ਹੈ । ਆਪੇ—ਆਪ ਹੀ । ਹੋਰ—ਕਿਸੇ ਹੋਰ ਪਾਸੋਂ । ਕੀਮਤਿ—ਮੁੱਲ ।੨।

ਅੰਧੁ ਅੰਧਾਰਾ—ਘੁੱਪ ਹਨੇਰਾ । ਹਉਮੈ ਮੇਰਾ ਪਾਸਾਰਾ—ਹਉਮੈ ਅਤੇ ਮਮਤਾ ਦਾ ਖਿਲਾਰਾ । ਅਨਦਿਨੁ—ਹਰ ਰੋਜ਼, ਹਰ ਵੇਲੇ । ਜਲਤ ਰਹੈ—ਸੜਦਾ ਰਹਿੰਦਾ ਹੈ ।੩।

ਥਾਪਿ—ਪੈਦਾ ਕਰ ਕੇ । ਉਥਾਪੈ—ਨਾਸ ਕਰਦਾ ਹੈ । ਸਚਾ—ਸਦਾ ਕਾਇਮ ਰਹਿਣ ਵਾਲਾ । ਹੋਰਨਿ—ਕਿਸੇ ਹੋਰ ਪਾਸੋਂ ।੪।

ਅਰਥ :—ਹੇ ਭਾਈ! ਸਿਰਫ਼ ਇਕ ਉਹ ਪਰਮਾਤਮਾ ਹੀ ਹਰ ਥਾਂ ਮੌਜੂਦ ਹੈ । ਗੁਰੂ ਦੇ ਸਨਮੁਖ ਰਹਿਣ ਵਾਲਾ ਕੋਈ ਵਿਰਲਾ ਮਨੁੱਖ (ਇਸ ਭੇਤ ਨੂੰ) ਸਮਝਦਾ ਹੈ ਕਿ ਸਭ ਜੀਵਾਂ ਦੇ ਅੰਦਰ ਇਕ ਪਰਮਾਤਮਾ ਹੀ ਵਿਆਪਕ ਹੈ, ਉਸ (ਪਰਮਤਮਾ) ਤੋਂ ਬਿਨਾ ਹੋਰ ਕੋਈ ਦੂਜਾ ਨਹੀਂ ।੧।

ਹੇ ਭਾਈ! (ਉਸ ਪਰਮਾਤਮਾ ਨੇ ਹੀ) ਚੌਰਾਸੀ ਲੱਖ ਜੂਨਾਂ ਦੇ ਜੀਵ ਪੈਦਾ ਕੀਤੇ ਹਨ । ਸਿਆਣੇ ਮਨੁੱਖ ਤੇ ਸਮਾਧੀਆਂ ਲਾਣ ਵਾਲੇ ਭੀ (ਇਹੀ ਗੱਲ) ਆਖ ਕੇ ਸੁਣਾ ਗਏ ਹਨ । ਉਹ ਪਰਮਾਤਮਾ ਆਪ ਹੀ ਸਭ ਜੀਵਾਂ ਨੂੰ ਰਿਜ਼ਕ ਅਪੜਾਂਦਾ ਹੈ । ਉਸ ਪਰਮਾਤਮਾ ਦੇ ਬਰਾਬਰ ਦੀ ਹੋਰ ਕੋਈ ਹਸਤੀ ਨਹੀਂ ਹੈ ।੨।

ਹੇ ਭਾਈ! (ਜਗਤ ਵਿਚ ਹਰ ਥਾਂ) ਮਾਇਆ ਦਾ ਮੋਹ (ਭੀ ਪ੍ਰਬਲ) ਹੈ, (ਮੋਹ ਦੇ ਕਾਰਨ ਜਗਤ) ਘੁੱਪ ਹਨੇਰਾ ਬਣਿਆ ਪਿਆ ਹੈ । (ਹਰ ਪਾਸੇ) ਹਉਮੈ ਤੇ ਮਮਤਾ ਦਾ ਖਿਲਾਰਾ ਖਿਲਰਿਆ ਹੋਇਆ ਹੈ । ਜਗਤ ਹਰ ਵੇਲੇ ਦਿਨ ਰਾਤ (ਤ੍ਰਿਸ਼ਨਾ ਦੀ ਅੱਗ ਵਿਚ) ਸੜ ਰਿਹਾ ਹੈ । ਗੁਰੂ ਦੀ ਸਰਨ ਤੋਂ ਬਿਨਾ ਸ਼ਾਂਤੀ

ਪ੍ਰਾਪਤ ਨਹੀਂ ਹੁੰਦੀ ।੩।

ਹੇ ਭਾਈ! ਪਰਮਾਤਮਾ ਆਪ ਹੀ (ਜੀਵਾਂ ਨੂੰ) ਜੋੜ ਕੇ (ਇਥੇ ਪਰਵਾਰਾਂ ਵਿਚ ਇਕੱਠੇ ਕਰ ਕੇ) ਆਪ ਹੀ (ਇਹਨਾਂ ਨੂੰ ਆਪੋ ਵਿਚੋਂ) ਵਿਛੋੜ ਦੇਂਦਾ ਹੈ । ਆਪ ਹੀ ਪੈਦਾ ਕਰ ਕੇ ਆਪ ਹੀ ਨਾਸ ਕਰਦਾ ਹੈ । ਹੇ ਭਾਈ! ਪਰਮਾਤਮਾ ਦਾ ਹੁਕਮ ਅਟੱਲ ਹੈ, (ਉਸ ਦੇ ਹੁਕਮ ਵਿਚ ਪੈਦਾ ਹੋਇਆ ਇਹ) ਜਗਤ-ਪਸਾਰਾ ਭੀ ਸਚ-ਮੁਚ ਹੋਂਦ ਵਾਲਾ ਹੈ । ਕਿਸੇ ਹੋਰ ਪਾਸੋਂ (ਅਜਿਹਾ) ਹੁਕਮ ਨਹੀਂ ਚਲਾਇਆ ਜਾ ਸਕਦਾ ।੪।

ਆਪੇ ਲਾਇ ਲਏ ਸੋ ਲਾਗੈ ॥ ਗੁਰ ਪਰਸਾਦੀ ਜਮ ਕਾ ਭਉ ਭਾਗੈ ॥ ਅੰਤਰਿ ਸਬਦੁ ਸਦਾ ਸੁਖਦਾਤਾ ਗੁਰਮੁਖਿ ਬੂਝੈ ਕੋਈ ਹੇ ॥੫॥ ਆਪੇ ਮੇਲੇ ਮੇਲਿ ਮਿਲਾਏ ॥ ਪੁਰਬਿ ਲਿਖਿਆ ਸੋ ਮੇਟਣਾ ਨ ਜਾਏ ॥ ਅਨਦਿਨੁ ਭਗਤਿ ਕਰੇ ਦਿਨੁ ਰਾਤੀ ਗੁਰਮੁਖਿ ਸੇਵਾ ਹੋਈ ਹੇ ॥੬॥ ਸਤਿਗੁਰੁ ਸੇਵਿ ਸਦਾ ਸੁਖੁ ਜਾਤਾ ॥ ਆਪੇ ਆਇ ਮਿਲਿਆ ਸਭਨਾ ਕਾ ਦਾਤਾ ॥ ਹਉਮੈ ਮਾਰਿ ਤ੍ਰਿਸਨਾ ਅਗਨਿ ਨਿਵਾਰੀ ਸਬਦੁ ਚੀਨਿ ਸੁਖੁ ਹੋਈ ਹੇ ॥੭॥ ਕਾਇਆ ਕੁਟੰਬੁ ਮੋਹੁ ਨ ਬੂਝੈ ॥ ਗੁਰਮੁਖਿ ਹੋਵੈ ਤ ਆਖੀ ਸੂਝੈ ॥ ਅਨਦਿਨੁ ਨਾਮੁ ਰਵੈ ਦਿਨੁ ਰਾਤੀ ਮਿਲਿ ਪ੍ਰੀਤਮ ਸੁਖੁ ਹੋਈ ਹੇ ॥੮॥ {ਪੰਨਾ ੧੦੪੫}

ਪਦ ਅਰਥ :—ਆਪੇ—(ਪ੍ਰਭੂ) ਆਪ ਹੀ । ਸੋ—ਉਹ ਮਨੁੱਖ । ਪਰਸਾਦੀ—ਪਰਸਾਦਿ, ਕਿਰਪਾ ਨਾਲ । ਜਮ—ਮੌਤ । ਗੁਰਮੁਖਿ—ਗੁਰੂ ਦੇ ਸਨਮੁਖ ਰਹਿਣ ਵਾਲਾ ਮਨੁੱਖ । ਕੋਈ—ਵਿਰਲਾ ।੫।

ਮੇਲਿ—(ਗੁਰੂ ਨਾਲ) ਮਿਲਾ ਕੇ । ਪੁਰਬਿ—ਪੂਰਬਲੇ ਜਨਮ ਵਿਚ । ਸੋ—ਉਹ ਲੇਖ । ਅਨਦਿਨੁ—ਹਰ ਰੋਜ਼, ਹਰ ਵੇਲੇ । ਗੁਰਮੁਖਿ—ਗੁਰੂ ਦੇ ਸਨਮੁਖ ਹੋ ਕੇ । ਸੇਵਾ—ਭਗਤੀ ।੬।

ਸੇਵਿ—ਸੇਵ ਕੇ, ਸਰਨ ਪੈ ਕੇ । ਜਾਤਾ—ਪਛਾਣ ਲਿਆ, ਸਾਂਝ ਪਾ ਲਈ । ਆਇ—ਆ ਕੇ । ਮਾਰਿ—ਮਾਰ ਕੇ । ਨਿਵਾਰੀ—ਦੂਰ ਕਰ ਲਈ । ਚੀਨਿ—ਪਛਾਣ ਕੇ ।੭।

ਕਾਇਆ—ਸਰੀਰ । ਕੁਟੰਬੁ—ਪਰਵਾਰ । ਅਖੀ—ਅੱਖਾਂ ਨਾਲ । ਸੂਝੈ—ਸੁੱਝ ਪੈਂਦਾ ਹੈ, ਦਿੱਸ ਪੈਂਦਾ ਹੈ । ਰਵੈ—ਸਿਮਰਦਾ ਹੈ । ਮਿਲਿ—ਮਿਲ ਕੇ ।੮।

ਅਰਥ :—ਹੇ ਭਾਈ! ਜਿਸ ਮਨੁੱਖ ਨੂੰ ਪਰਮਾਤਮਾ ਆਪ ਹੀ (ਆਪਣੇ ਚਰਨਾਂ ਵਿਚ) ਜੋੜ ਲੈਂਦਾ ਹੈ, ਉਹ ਮਨੁੱਖ (ਪ੍ਰਭੂ ਦੀ ਭਗਤੀ ਵਿਚ) ਲੱਗਦਾ ਹੈ । ਗੁਰੂ ਦੀ ਕਿਰਪਾ ਨਾਲ (ਉਸ ਦੇ ਅੰਦਰੋਂ) ਮੌਤ ਦਾ ਡਰ ਦੂਰ ਹੋ ਜਾਂਦਾ ਹੈ । ਉਸ ਦੇ ਅੰਦਰ ਸਦਾ ਆਤਮਕ ਆਨੰਦ ਦੇਣ ਵਾਲਾ ਗੁਰ-ਸ਼ਬਦ ਵੱਸਿਆ ਰਹਿੰਦਾ ਹੈ । ਗੁਰੂ ਦੇ ਸਨਮੁਖ ਰਹਿਣ ਵਾਲਾ ਹੀ ਕੋਈ ਮਨੁੱਖ (ਇਸ ਭੇਤ ਨੂੰ) ਸਮਝਦਾ ਹੈ ।੫।

ਹੇ ਭਾਈ! ਪਰਮਾਤਮਾ ਆਪ ਹੀ (ਪੂਰਬਲੇ ਲਿਖੇ ਅਨੁਸਾਰ ਜੀਵ ਨੂੰ ਗੁਰੂ-ਚਰਨਾਂ ਵਿਚ) ਜੋੜ ਕੇ (ਆਪਣੇ ਨਾਲ) ਮਿਲਾਂਦਾ ਹੈ । ਪੂਰਬਲੇ ਕੀਤੇ ਕਰਮਾਂ ਅਨੁਸਾਰ ਜੋ ਲੇਖ (ਮੱਥੇ ਤੇ) ਲਿਖਿਆ ਜਾਂਦਾ ਹੈ, ਉਹ (ਜੀਵ ਪਾਸੋਂ) ਮਿਟਾਇਆ ਨਹੀਂ ਜਾ ਸਕਦਾ । ਗੁਰੂ ਦੇ ਸਨਮੁਖ ਰਹਿਣ ਵਾਲਾ ਮਨੁੱਖ ਹਰ ਵੇਲੇ ਦਿਨ ਰਾਤ ਪਰਮਾਤਮਾ ਦੀ ਭਗਤੀ ਕਰਦਾ ਹੈ, ਗੁਰੂ ਦੀ ਸਰਨ ਪਿਆਂ ਹੀ ਭਗਤੀ ਹੋ ਸਕਦੀ ਹੈ ।੬।

ਹੇ ਭਾਈ! ਗੁਰੂ ਦੀ ਸਰਨ ਪੈ ਕੇ ਸਦਾ ਆਤਮਕ ਆਨੰਦ ਮਾਣਿਆ ਜਾ ਸਕਦਾ ਹੈ, ਸਭਨਾਂ ਨੂੰ ਦਾਤਾਂ ਦੇਣ ਵਾਲਾ ਪ੍ਰਭੂ ਭੀ (ਗੁਰੂ ਦੀ ਸਰਨ ਪਿਆਂ) ਆਪ ਹੀ ਆ ਮਿਲਦਾ ਹੈ । (ਗੁਰੂ ਦੀ ਸਰਨ ਪੈਣ ਵਾਲਾ ਮਨੁੱਖ ਆਪਣੇ ਅੰਦਰੋਂ) ਹਉਮੈ ਮਾਰ ਕੇ ਤ੍ਰਿਸ਼ਨਾ ਦੀ ਅੱਗ ਬੁਝਾ ਲੈਂਦਾ ਹੈ । ਹੇ ਭਾਈ! ਗੁਰੂ ਦੇ ਸ਼ਬਦ ਨੂੰ ਪਛਾਣਿਆਂ ਹੀ ਸੁਖ ਮਿਲ ਸਕਦਾ ਹੈ ।੭।

ਹੇ ਭਾਈ! (ਜਿਸ ਮਨੁੱਖ ਨੂੰ) ਸਰੀਰ ਦਾ ਮੋਹ (ਗ੍ਰਸ ਰਿਹਾ ਹੈ) ਪਰਵਾਰ (ਦਾ ਮੋਹ ਗ੍ਰਸ ਰਿਹਾ ਹੈ) (ਉਹ ਮਨੁੱਖ ਆਤਮਕ ਜੀਵਨ ਦੀ ਖੇਡ ਨੂੰ) ਨਹੀਂ ਸਮਝਦਾ । ਜੇ ਮਨੁੱਖ ਗੁਰੂ ਦੀ ਸਰਨ ਪੈ ਜਾਏ, ਤਾਂ ਇਸ ਨੂੰ ਇਹਨਾਂ ਅੱਖਾਂ ਨਾਲ ਸਭ ਕੁਝ ਦਿੱਸ ਪੈਂਦਾ ਹੈ । ਉਹ ਮਨੁੱਖ ਹਰ ਵੇਲੇ ਦਿਨ ਰਾਤ ਪਰਮਾਤਮਾ ਦਾ ਨਾਮ ਜਪਣ ਲੱਗ ਪੈਂਦਾ ਹੈ, ਪ੍ਰੀਤਮ ਪ੍ਰਭੂ ਨੂੰ ਮਿਲ ਕੇ ਉਸ ਦੇ ਅੰਦਰ ਆਤਮਕ ਆਨੰਦ ਬਣਿਆ ਰਹਿੰਦਾ ਹੈ ।੮।

ਮਨਮੁਖ ਧਾਤੁ ਦੂਜੈ ਹੈ ਲਾਗਾ ॥ ਜਨਮਤ ਕੀ ਨ ਮੂਓ ਆਭਾਗਾ ॥ ਆਵਤ ਜਾਤ ਬਿਰਥਾ ਜਨਮੁ ਗਵਾਇਆ ਬਿਨੁ ਗੁਰ ਮੁਕਤਿ ਨ ਹੋਈ ਹੇ ॥੯॥ ਕਾਇਆ ਕੁਸੁਧ ਹਉਮੈ ਮਲੁ ਲਾਈ ॥ ਜੇ ਸਉ ਧੋਵਹਿ ਤਾ ਮੈਲੁ ਨ ਜਾਈ ॥ ਸਬਦਿ ਧੋਪੈ ਤਾ ਹਛੀ ਹੋਵੈ ਫਿਰਿ ਮੈਲੀ ਮੂਲਿ ਨ ਹੋਈ ਹੇ ॥੧੦॥ ਪੰਚ ਦੂਤ ਕਾਇਆ ਸੰਘਾਰਹਿ ॥ ਮਰਿ ਮਰਿ ਜੰਮਹਿ ਸਬਦੁ ਨ ਵੀਚਾਰਹਿ ॥ ਅੰਤਰਿ ਮਾਇਆ ਮੋਹ ਗੁਬਾਰਾ ਜਿਉ ਸੁਪਨੈ ਸੁਧਿ ਨ ਹੋਈ ਹੇ ॥੧੧॥ ਇਕਿ ਪੰਚਾ ਮਾਰਿ ਸਬਦਿ ਹੈ ਲਾਗੇ ॥ ਸਤਿਗੁਰੁ ਆਇ ਮਿਲਿਆ ਵਡਭਾਗੇ ॥ ਅੰਤਰਿ ਸਾਚੁ ਰਵਹਿ ਰੰਗਿ ਰਾਤੇ ਸਹਜਿ ਸਮਾਵੈ ਸੋਈ ਹੇ ॥੧੨॥ {ਪੰਨਾ ੧੦੪੫}

ਪਦ ਅਰਥ :—ਮਨਮੁਖ—ਆਪਣੇ ਮਨ ਦੇ ਪਿੱਛੇ ਤੁਰਨ ਵਾਲਾ ਮਨੁੱਖ । ਧਾਤੁ—ਮਾਇਆ । ਦੂਜੈ—ਮਾਇਆ (ਦੇ ਪਿਆਰ) ਵਿਚ । ਜਨਮਤ—ਜੰਮਦਾ ਹੀ । ਕੀ ਨ—ਕਿਉਂ ਨਾਹ? ਆਭਾਗਾ—ਬਦ-ਨਸੀਬ । ਆਵਤ ਜਾਤ—ਜੰਮਦਿਆਂ ਮਰਦਿਆਂ । ਮੁਕਤਿ—(ਜਨਮ ਮਰਨ ਦੇ ਗੇੜ ਵਿਚੋਂ) ਖ਼ਲਾਸੀ ।੯।

ਕਾਇਆ—ਸਰੀਰ । ਕੁਸੁਧ—ਅਪਵਿੱਤਰ । ਸਉ—ਸੌ ਵਾਰੀ । ਧੋਵਹਿ—ਧੋਂਦੇ ਰਹਿਣ । ਸਬਦਿ—ਸ਼ਬਦ ਦੀ ਰਾਹੀਂ । ਧੋਪੈ—ਧੋਤੀ ਜਾਏ । ਮੂਲਿ ਨ—ਬਿਲਕੁਲ ਨਹੀਂ ।੧੦।

ਪੰਚ ਦੂਤ—(ਕਾਮਾਦਿਕ) ਪੰਜ ਵੈਰੀ । ਸੰਘਾਰਹਿ—ਨਾਸ ਕਰਦੇ ਰਹਿੰਦੇ ਹਨ । ਮਰਿ—ਮਰ ਕੇ । ਮਰਿ ਮਰਿ—ਮਰ ਮਰ ਕੇ, ਮੁੜ ਮੁੜ ਮਰ ਕੇ । ਜੰਮਹਿ—ਜੰਮਦੇ ਹਨ । ਵੀਚਾਰਹਿ—{ਬਹੁ-ਵਚਨ} ਵਿਚਾਰਦੇ । ਗੁਬਾਰਾ—ਹਨੇਰਾ । ਸੁਧਿ—ਸੂਝ ।੧੧।

ਇਕਿ—{ਲਫ਼ਜ਼ 'ਇਕ' ਤੋਂ ਬਹੁ-ਵਚਨ} ਕਈ । ਮਾਰਿ—ਮਾਰ ਕੇ । ਸਬਦਿ—ਸ਼ਬਦ ਵਿਚ । ਆਇ—ਆ ਕੇ । ਅੰਤਰਿ—ਹਿਰਦੇ ਵਿਚ । ਸਾਚੁ—ਸਦਾ-ਥਿਰ ਪ੍ਰਭੂ । ਰਵਹਿ—ਸਿਮਰਦੇ ਹਨ । ਰੰਗਿ—ਪ੍ਰੇਮ-ਰੰਗ ਵਿਚ । ਰਾਤੇ—ਰੰਗੇ ਹੋਏ । ਸਹਜਿ—ਆਤਮਕ ਅਡੋਲਤਾ ਵਿਚ । ਸਮਾਵੈ—ਲੀਨ ਹੋ ਜਾਂਦਾ ਹੈ । ਸੋਈ—ਉਹੀ ਮਨੁੱਖ ।੧੨।

ਅਰਥ :—ਹੇ ਭਾਈ! ਆਪਣੇ ਮਨ ਦੇ ਪਿੱਛੇ ਤੁਰਨ ਵਾਲੇ ਮਨੁੱਖ ਨੂੰ ਮਾਇਆ (ਗ੍ਰਸੀ ਰੱਖਦੀ ਹੈ, ਉਹ ਮਨੁੱਖ) ਮਾਇਆ (ਦੇ ਆਹਰ) ਵਿਚ ਰੁੱਝਾ ਰਹਿੰਦਾ ਹੈ। ਪਰ ਉਹ ਬਦ-ਨਸੀਬ ਜੰਮਦਾ ਹੀ ਕਿਉਂ ਨ ਮਰ ਗਿਆ? ਉਹ ਜਨਮ ਮਰਨ ਦੇ ਗੇੜ ਵਿਚ ਪਿਆ ਹੋਇਆ ਵਿਅਰਥ ਜਨਮ ਗਵਾ ਜਾਂਦਾ ਹੈ। ਗੁਰੂ ਤੋਂ ਬਿਨਾ (ਇਸ ਗੇੜ ਵਿਚੋਂ) ਖ਼ਲਾਸੀ ਨਹੀਂ ਹੁੰਦੀ ।੯।

ਹੇ ਭਾਈ! ਉਹ ਸਰੀਰ ਅਪਵਿੱਤਰ ਹੈ ਜਿਸ ਨੂੰ ਹਉਮੈ ਦੀ ਮੈਲ ਲੱਗੀ ਹੋਈ ਹੈ। ਜੇ (ਅਜੇਹੇ ਸਰੀਰ ਨੂੰ ਤੀਰਥ ਆਦਿਕਾਂ ਉਤੇ ਲੋਕ) ਸੌ ਵਾਰੀ ਭੀ ਧੋਂਦੇ ਰਹਿਣ, ਤਾਂ ਭੀ ਇਹ ਮੈਲ ਦੂਰ ਨਹੀਂ ਹੁੰਦੀ। (ਜੇ ਮਨੁੱਖ ਦਾ ਹਿਰਦਾ) ਗੁਰੂ ਦੇ ਸ਼ਬਦ ਨਾਲ ਧੋਤਾ ਜਾਏ, ਤਾਂ ਸਰੀਰ ਪਵਿੱਤਰ ਹੋ ਜਾਂਦਾ ਹੈ, ਮੁੜ ਸਰੀਰ (ਹਉਮੈ ਦੀ ਮੈਲ ਨਾਲ) ਕਦੇ ਗੰਦਾ ਨਹੀਂ ਹੁੰਦਾ ।੧੦।

ਹੇ ਭਾਈ! ਜਿਹੜੇ ਮਨੁੱਖ ਗੁਰੂ ਦੇ ਸ਼ਬਦ ਨੂੰ ਆਪਣੇ ਮਨ ਵਿਚ ਨਹੀਂ ਵਸਾਂਦੇ, ਕਾਮਾਦਿਕ ਪੰਜੇ ਵੈਰੀ ਉਹਨਾਂ ਦੇ ਸਰੀਰ ਨੂੰ ਗਾਲਦੇ ਰਹਿੰਦੇ ਹਨ; ਤੇ ਉਹ ਜਨਮ ਮਰਨ ਦੇ ਗੇੜ ਵਿਚ ਪਏ ਰਹਿੰਦੇ ਹਨ। ਉਹਨਾਂ ਦੇ ਅੰਦਰ ਮਾਇਆ ਦੇ ਮੋਹ ਦਾ ਹਨੇਰਾ ਪਿਆ ਰਹਿੰਦਾ ਹੈ, ਉਹਨਾਂ ਨੂੰ ਆਪਣੇ ਆਪ ਦੀ ਸੋਝੀ ਨਹੀਂ ਹੁੰਦੀ, ਉਹ ਇਉਂ ਹਨ ਜਿਵੇਂ ਸੁਪਨੇ ਵਿਚ ਹਨ ।੧੧।

ਹੇ ਭਾਈ! ਕਈ ਐਸੇ ਵਡਭਾਗੀ ਹਨ, ਜਿਨ੍ਹਾਂ ਨੂੰ ਗੁਰੂ ਆ ਮਿਲਿਆ ਹੈ, ਉਹ ਕਾਮਾਦਿਕ ਪੰਜਾਂ ਨੂੰ ਮਾਰ ਕੇ ਗੁਰੂ ਦੇ ਸ਼ਬਦ ਵਿਚ ਲੀਨ ਰਹਿੰਦੇ ਹਨ; ਆਪਣੇ ਹਿਰਦੇ ਵਿਚ ਸਦਾ-ਥਿਰ ਪ੍ਰਭੂ ਨੂੰ ਯਾਦ ਕਰਦੇ ਰਹਿੰਦੇ ਹਨ, ਉਹ ਪ੍ਰਭੂ ਦੇ ਪ੍ਰੇਮ-ਰੰਗ ਵਿਚ ਰੰਗੇ ਰਹਿੰਦੇ ਹਨ। (ਹੇ ਭਾਈ! ਜਿਹੜਾ ਮਨੁੱਖ ਪ੍ਰੇਮ-ਰੰਗ ਵਿਚ ਰੰਗਿਆ ਜਾਂਦਾ ਹੈ) ਉਹੀ ਆਤਮਕ ਅਡੋਲਤਾ ਵਿਚ ਲੀਨ ਰਹਿੰਦਾ ਹੈ ।੧੨।

ਗੁਰ ਕੀ ਚਾਲ ਗੁਰੂ ਤੇ ਜਾਪੈ ॥ ਪੂਰਾ ਸੇਵਕੁ ਸਬਦਿ ਸਿਞਾਪੈ ॥ ਸਦਾ ਸਬਦੁ ਰਵੈ ਘਟ ਅੰਤਰਿ ਰਸਨਾ ਰਸੁ ਚਾਖੈ ਸਚੁ ਸੋਈ ਹੇ ॥੧੩॥ ਹਉਮੈ ਮਾਰੇ ਸਬਦਿ ਨਿਵਾਰੇ ॥ ਹਰਿ ਕਾ ਨਾਮੁ ਰਖੈ ਉਰਿ ਧਾਰੇ ॥ ਏਕਸੁ ਬਿਨੁ ਹਉ ਹੋਰੁ ਨ ਜਾਣਾ ਸਹਜੇ ਹੋਇ ਸੁ ਹੋਈ ਹੇ ॥੧੪॥ ਬਿਨੁ ਸਤਿਗੁਰ ਸਹਜੁ ਕਿਨੈ ਨਹੀ ਪਾਇਆ ॥ ਗੁਰਮੁਖਿ ਬੂਝੈ ਸਚਿ ਸਮਾਇਆ ॥ ਸਚਾ ਸੇਵਿ ਸਬਦਿ ਸਚ ਰਾਤੇ ਹਉਮੈ ਸਬਦੇ ਖੋਈ ਹੇ ॥੧੫॥ ਆਪੇ ਗੁਣਦਾਤਾ ਬੀਚਾਰੀ ॥ ਗੁਰਮੁਖਿ ਦੇਵਹਿ ਪਕੀ ਸਾਰੀ ॥ ਨਾਨਕ ਨਾਮਿ ਸਮਾਵਹਿ ਸਾਚੈ ਸਾਚੇ ਤੇ ਪਤਿ ਹੋਈ ਹੇ ॥੧੬॥੨॥ {ਪੰਨਾ ੧੦੪੫}

ਪਦ ਅਰਥ :—ਚਾਲ—ਜੀਵਨ-ਚਾਲ, ਜੀਵਨ-ਜੁਗਤਿ। ਤੇ—ਤੋਂ, ਪਾਸੋਂ। ਜਾਪੈ—ਸਿੱਖੀ ਜਾ ਸਕਦੀ ਹੈ। ਸਬਦਿ—ਸ਼ਬਦ ਦੀ ਰਾਹੀਂ, ਸ਼ਬਦ ਵਿਚ ਜੁੜਨ ਨਾਲ ਹੀ। ਸਿਞਾਪੈ—ਸਿੰਞਾਣਿਆ ਜਾਂਦਾ ਹੈ। ਰਵੈ—ਵਸਾਈ ਰੱਖਦਾ ਹੈ। ਘਟ ਅੰਤਰਿ—ਹਿਰਦੇ ਵਿਚ। ਰਸਨਾ—ਜੀਭ ਨਾਲ। ਰਸੁ ਸਚੁ—ਸਦਾ-ਥਿਰ ਰਸ, ਸਦਾ-ਥਿਰ ਪ੍ਰਭੂ ਦਾ ਨਾਮ-ਰਸ। ਚਾਖੈ—ਚੱਖਦਾ ਹੈ {ਇਕ-ਵਚਨ} ।੧੩।

ਮਾਰੇ—ਮੁਕਾ ਦੇਂਦਾ ਹੈ। ਸਬਦਿ—ਸ਼ਬਦ ਦੀ ਰਾਹੀਂ। ਨਿਵਾਰੇ—ਆਪਾ-ਭਾਵ ਦੂਰ ਕਰਦਾ ਹੈ। ਉਰਿ—ਹਿਰਦੇ ਵਿਚ। ਰਖੈ ਧਾਰੇ—ਧਾਰਿ, ਰਖੈ, ਟਿਕਾਈ ਰੱਖਦਾ ਹੈ। ਹਉ—ਹਉਂ, ਮੈਂ। ਜਾਣਾ—ਜਾਣਾਂ, ਮੈਂ ਜਾਣਦਾ। ਸਹਜੇ—ਅਡੋਲਤਾ ਵਿਚ, ਰਜ਼ਾ ਵਿਚ ਹੀ ।੧੪।

ਸਹਜੁ—ਆਤਮਕ ਅਡੋਲਤਾ। ਕਿਨੈ—ਕਿਸੇ ਨੇ ਭੀ। ਗੁਰਮੁਖਿ—ਗੁਰੂ ਦੇ ਸਨਮੁਖ ਰਹਿਣ ਵਾਲਾ ਮਨੁੱਖ। ਸਚਿ—ਸਦਾ-ਥਿਰ ਪ੍ਰਭੂ ਵਿਚ। ਸੇਵਿ—ਸਿਮਰ ਕੇ। ਸਬਦਿ ਸਚ—ਸੱਚੇ ਦੇ ਸ਼ਬਦ ਵਿਚ, ਸਦਾ-ਥਿਰ ਦੀ ਸਿਫ਼ਤਿ-ਸਾਲਾਹ ਦੀ ਬਾਣੀ ਵਿਚ। ਰਾਤੇ—ਮਸਤ। ਸਬਦੇ—ਸ਼ਬਦ ਦੀ ਰਾਹੀਂ ਹੀ ।੧੫।

ਆਪੇ—(ਤੂੰ) ਆਪ ਹੀ। ਬੀਚਾਰੀ—ਬੀਚਾਰਿ, ਵਿਚਾਰ ਕੇ, ਯੋਗ ਸਮਝ ਕੇ। ਗੁਰਮੁਖਿ—ਗੁਰੂ ਦੀ ਰਾਹੀਂ। ਦੇਵਹਿ—ਤੂੰ ਦੇਂਦਾ ਹੈਂ। ਪਕੀ ਸਾਰੀ—ਪੱਕੀਆਂ ਨਰਦਾਂ, ਜੀਵਨ-ਖੇਡ ਵਿਚ ਪੁੱਗੇ ਹੋਏ। ਨਾਮਿ ਸਾਚੈ—ਸਦਾ-ਥਿਰ ਪ੍ਰਭੂ ਦੇ ਨਾਮ ਵਿਚ। ਸਮਾਵਹਿ—ਲੀਨ ਰਹਿੰਦੇ ਹਨ। ਤੇ—ਤੋਂ, ਪਾਸੋਂ। ਪਤਿ—ਇੱਜ਼ਤ ।੧੬।

ਅਰਥ :—ਹੇ ਭਾਈ! ਗੁਰੂ ਵਾਲੀ ਜੀਵਨ-ਜੁਗਤਿ ਗੁਰੂ ਪਾਸੋਂ ਹੀ ਸਿੱਖੀ ਜਾ ਸਕਦੀ ਹੈ। ਗੁਰੂ ਦੇ ਸ਼ਬਦ ਵਿਚ ਜੁੜਿਆ ਹੋਇਆ ਮਨੁੱਖ ਹੀ ਪੂਰਨ ਸੇਵਕ ਸਿੰਞਾਣਿਆ ਜਾਂਦਾ ਹੈ; ਉਹੀ ਮਨੁੱਖ ਆਪਣੀ ਜੀਭ ਨਾਲ ਸਦਾ-ਥਿਰ ਨਾਮ-ਰਸ ਚੱਖਦਾ ਰਹਿੰਦਾ ਹੈ ਅਤੇ ਆਪਣੇ ਹਿਰਦੇ ਵਿਚ ਗੁਰੂ ਦਾ ਸ਼ਬਦ ਸਦਾ ਵਸਾਈ ਰੱਖਦਾ ਹੈ ।੧੩।

ਹੇ ਭਾਈ! (ਪੂਰਨ ਸੇਵਕ) ਗੁਰੂ ਦੇ ਸ਼ਬਦ ਦੀ ਰਾਹੀਂ ਆਪਣੀ ਹਉਮੈ ਮਾਰ ਮੁਕਾਂਦਾ ਹੈ, ਆਪਾ-ਭਾਵ ਦੂਰ ਕਰ ਦੇਂਦਾ ਹੈ, ਅਤੇ ਪਰਮਾਤਮਾ ਦਾ ਨਾਮ ਆਪਣੇ ਹਿਰਦੇ ਵਿਚ ਵਸਾਈ ਰੱਖਦਾ ਹੈ। (ਪੂਰਨ ਸੇਵਕ ਇਹੀ ਯਕੀਨ ਰੱਖਦਾ ਹੈ—) ਇਕ ਪਰਮਾਤਮਾ ਤੋਂ ਬਿਨਾ ਮੈਂ ਹੋਰ ਕਿਸੇ ਨੂੰ (ਉਸ ਵਰਗਾ) ਨਹੀਂ ਸਮਝਦਾ, ਜੋ ਕੁਝ ਉਸ ਦੀ ਰਜ਼ਾ ਵਿਚ ਹੋ ਰਿਹਾ ਹੈ ਉਹੀ ਠੀਕ ਹੋ ਰਿਹਾ ਹੈ ।੧੪।

ਹੇ ਭਾਈ! ਗੁਰੂ ਦੀ ਸਰਨ ਤੋਂ ਬਿਨਾ ਕਿਸੇ ਮਨੁੱਖ ਨੇ ਆਤਮਕ ਅਡੋਲਤਾ ਪ੍ਰਾਪਤ ਨਹੀਂ ਕੀਤੀ। ਗੁਰੂ ਦੇ ਸਨਮੁਖ ਰਹਿਣ ਵਾਲਾ ਮਨੁੱਖ ਹੀ ਇਸ ਨੂੰ ਸਮਝਦਾ ਹੈ ਅਤੇ ਸਦਾ-ਥਿਰ ਪ੍ਰਭੂ ਵਿਚ ਲੀਨ ਰਹਿੰਦਾ ਹੈ। ਹੇ ਭਾਈ! ਸਦਾ-ਥਿਰ ਪ੍ਰਭੂ ਦੀ ਸਿਫ਼ਤਿ-ਸਾਲਾਹ ਦੀ ਬਾਣੀ ਵਿਚ ਰੱਤੇ ਹੋਏ ਮਨੁੱਖ ਸਦਾ-ਥਿਰ ਪ੍ਰਭੂ ਦਾ ਸਿਮਰਨ ਕਰ ਕੇ ਗੁਰੂ ਦੇ ਸ਼ਬਦ ਦੀ ਰਾਹੀਂ ਹੀ ਹਉਮੈ ਦੂਰ ਕਰ ਲੈਂਦੇ ਹਨ ।੧੫।

ਹੇ ਪ੍ਰਭੂ! ਤੂੰ ਆਪ ਹੀ (ਯੋਗ ਪਾਤ੍ਰ) ਵਿਚਾਰ ਕੇ (ਜੀਵਾਂ ਨੂੰ ਆਪਣੇ) ਗੁਣਾਂ ਦੀ ਦਾਤਿ ਦੇਣ ਵਾਲਾ ਹੈਂ; ਜਿਨ੍ਹਾਂ ਨੂੰ ਤੂੰ ਗੁਰੂ ਦੀ ਰਾਹੀਂ (ਆਪਣੇ ਗੁਣਾਂ ਦੀ ਦਾਤਿ) ਦੇਂਦਾ ਹੈਂ ਉਹ ਇਸ ਜੀਵਨ-ਖੇਡ ਵਿਚ ਪੁੱਗ ਜਾਂਦੇ ਹਨ। ਹੇ ਨਾਨਕ! ਉਹ ਮਨੁੱਖ ਨਾਮ ਵਿਚ ਲੀਨ ਰਹਿੰਦੇ ਹਨ, ਸਦਾ-ਥਿਰ ਪ੍ਰਭੂ ਤੋਂ ਹੀ ਉਹਨਾਂ ਨੂੰ (ਲੋਕ ਪਰਲੋਕ ਦੀ) ਇੱਜ਼ਤ ਮਿਲਦੀ ਹੈ ।੧੬।੨।

ਮਾਰੂ ਮਹਲਾ ੩ ॥ ਜਗਜੀਵਨੁ ਸਾਚਾ ਏਕੋ ਦਾਤਾ ॥ ਗੁਰ ਸੇਵਾ ਤੇ ਸਬਦਿ ਪਛਾਤਾ ॥ ਏਕੋ ਅਮਰੁ ਏਕਾ ਪਤਿਸਾਹੀ ਜੁਗੁ ਜੁਗੁ ਸਿਰਿ ਕਾਰ ਬਣਾਈ ਹੇ ॥੧॥ ਸੋ ਜਨੁ ਨਿਰਮਲੁ ਜਿਨਿ ਆਪੁ ਪਛਾਤਾ ॥ ਆਪੇ ਆਇ ਮਿਲਿਆ ਸੁਖਦਾਤਾ ॥ ਰਸਨਾ ਸਬਦਿ ਰਤੀ ਗੁਣ ਗਾਵੈ ਦਰਿ ਸਾਚੈ ਪਤਿ ਪਾਈ ਹੇ ॥੨॥ ਗੁਰਮੁਖਿ ਨਾਮਿ ਮਿਲੈ ਵਡਿਆਈ ॥ ਮਨਮੁਖਿ ਨਿੰਦਕਿ ਪਤਿ ਗਵਾਈ ॥ ਨਾਮਿ ਰਤੇ ਪਰਮ ਹੰਸ ਬੈਰਾਗੀ ਨਿਜ ਘਰਿ ਤਾੜੀ ਲਾਈ ਹੇ ॥੩॥ ਸਬਦਿ ਮਰੈ ਸੋਈ ਜਨੁ ਪੂਰਾ ॥ ਸਤਿਗੁਰੁ ਆਖਿ ਸੁਣਾਏ ਸੂਰਾ ॥ ਕਾਇਆ ਅੰਦਰਿ ਅੰਮ੍ਰਿਤਸਰੁ ਸਾਚਾ ਮਨੁ ਪੀਵੈ ਭਾਇ ਸੁਭਾਈ ਹੇ ॥੪॥ {ਪੰਨਾ ੧੦੪੫-੧੦੪੬}

ਪਦ ਅਰਥ :—ਜਗ ਜੀਵਨ—ਜਗਤ ਦਾ ਜੀਵਨ, ਜਗਤ ਦਾ ਸਹਾਰਾ । ਸਾਚਾ—ਸਦਾ ਕਾਇਮ ਰਹਿਣ ਵਾਲਾ ਪਰਮਾਤਮਾ । ਤੇ—ਤੋਂ । ਸਬਦਿ—ਗੁਰੂ ਦੇ ਸ਼ਬਦ ਦੀ ਰਾਹੀਂ । ਪਛਾਤਾ—ਪਛਾਣਿਆ ਜਾਂਦਾ ਹੈ, ਸਾਂਝ ਪਾਈ ਜਾ ਸਕਦੀ ਹੈ । ਅਮਰੁ—ਹੁਕਮ । ਪਤਿਸਾਹੀ—ਰਾਜ । ਜੁਗੁ ਜੁਗੁ—ਹਰੇਕ ਜੁਗ ਵਿਚ । ਸਿਰਿ—(ਹਰੇਕ ਜੀਵ ਦੇ) ਸਿਰ ਉੱਤੇ । ਕਾਰ ਬਣਾਈ—ਕਰਨ-ਜੋਗ ਕਾਰ ਮੁਕਰਰ ਕੀਤੀ ਹੋਈ ਹੈ ।੧।

ਜਿਨਿ—ਜਿਸ (ਮਨੁੱਖ) ਨੇ । ਆਪੁ—ਆਪਣੇ ਆਪ ਨੂੰ, ਆਪਣੇ ਜੀਵਨ ਨੂੰ । ਪਛਾਤਾ—ਪੜਤਾਲਿਆ । ਆਪੇ—ਆਪ ਹੀ । ਆਇ—ਆ ਕੇ । ਰਸਨਾ—ਜੀਭ । ਸਬਦਿ—ਸ਼ਬਦ ਵਿਚ । ਰਤੀ—ਰੰਗੀ ਹੋਈ । ਗਾਵੈ—ਗਾਂਦਾ ਹੈ {ਇਕ-ਵਚਨ} । ਦਰਿ ਸਾਚੈ—ਸਦਾ-ਥਿਰ ਪ੍ਰਭੂ ਦੇ ਦਰ ਤੇ । ਪਤਿ—ਇੱਜ਼ਤ ।੨।

ਗੁਰਮੁਖਿ—ਗੁਰੂ ਦੇ ਸਨਮੁਖ ਰਹਿਣ ਵਾਲਾ ਮਨੁੱਖ । ਨਾਮਿ—ਨਾਮ ਦੀ ਰਾਹੀਂ । ਮਨਮੁਖਿ—ਆਪਣੇ ਮਨ ਦੇ ਪਿੱਛੇ ਤੁਰਨ ਵਾਲੇ ਮਨੁੱਖ ਨੇ । ਨਿੰਦਕਿ—ਨਿੰਦਕ ਨੇ । ਨਾਮਿ—ਨਾਮ ਵਿਚ । ਪਰਮ ਹੰਸ—ਸਭ ਤੋਂ ਉੱਚੇ ਹੰਸ {ਦੁੱਧ ਤੇ ਪਾਣੀ ਨੂੰ ਚੁੰਝ ਨਾਲ ਨਿਖੇੜ ਸਕਣ ਵਾਲੇ ਹੰਸਾਂ ਵਾਂਗ ਭਲਾਈ ਤੇ ਬੁਰਾਈ ਦੀ ਪਰਖ ਕਰ ਸਕਣ ਵਾਲੇ ਮਨੁੱਖ} । ਬੈਰਾਗੀ—ਮਾਇਆ ਤੋਂ ਉਪਰਾਮ । ਨਿਜ ਘਰਿ—ਆਪਣੇ (ਅਸਲ) ਘਰ ਵਿਚ ।੩।

ਸਬਦਿ—ਸ਼ਬਦ ਦੀ ਰਾਹੀਂ । ਮਰੈ—(ਵਿਕਾਰਾਂ ਵਲੋਂ ਜਿਹੜਾ ਮਨੁੱਖ) ਮਰਦਾ ਹੈ । ਆਖਿ—ਆਖ ਕੇ । ਸੂਰਾ—ਸੂਰਮਾ । ਕਾਇਆ—ਸਰੀਰ । ਅੰਮ੍ਰਿਤ ਸਰੁ—ਆਤਮਕ ਜੀਵਨ ਦੇਣ ਵਾਲੇ ਨਾਮ-ਜਲ ਦਾ ਤਾਲਾਬ (ਚਸ਼ਮਾ) । ਸਾਚਾ—ਸਦਾ ਕਾਇਮ ਰਹਿਣ ਵਾਲਾ । ਪੀਵੈ—ਪੀਂਦਾ ਹੈ । ਭਾਇ—ਪਿਆਰ ਨਾਲ । ਸੁਭਾਈ—ਸੁਭਾਇ, ਬੜੇ ਪ੍ਰੇਮ ਨਾਲ ।੪।

ਅਰਥ :—ਹੇ ਭਾਈ! ਜਿਹੜਾ ਪਰਮਾਤਮਾ ਸਦਾ ਕਾਇਮ ਰਹਿਣ ਵਾਲਾ ਹੈ ਅਤੇ (ਸਾਰੇ) ਜਗਤ ਦਾ ਸਹਾਰਾ ਹੈ, ਉਹੀ ਸਭ ਜੀਵਾਂ ਨੂੰ ਦਾਤਾਂ ਦੇਣ ਵਾਲਾ ਹੈ । ਗੁਰੂ ਦੀ ਸਰਨ ਪਿਆਂ, ਗੁਰੂ ਦੇ ਸ਼ਬਦ ਦੀ ਰਾਹੀਂ ਹੀ ਉਸ ਨਾਲ ਡੂੰਘੀ ਸਾਂਝ ਪੈ ਸਕਦੀ ਹੈ । ਉਸੇ ਦਾ ਹੀ (ਜਗਤ ਵਿਚ) ਹੁਕਮ ਚੱਲ ਰਿਹਾ ਹੈ, ਉਸੇ ਦਾ ਹੀ (ਜਗਤ ਵਿਚ) ਰਾਜ ਹੈ । ਹਰੇਕ ਜੁਗ ਵਿਚ ਹਰੇਕ ਜੀਵ ਦੇ ਸਿਰ ਉਤੇ ਉਹੀ ਪਰਮਾਤਮਾ ਕਰਨ-ਜੋਗ ਕਾਰ ਮੁਕਰਰ ਕਰਦਾ ਆ ਰਿਹਾ ਹੈ ।੧।

ਹੇ ਭਾਈ! ਜਿਸ ਮਨੁੱਖ ਨੇ ਆਪਣੇ ਆਤਮਕ ਜੀਵਨ ਨੂੰ ਪੜਤਾਲਣਾ ਸ਼ੁਰੂ ਕਰ ਦਿੱਤਾ, ਉਹ ਮਨੁੱਖ ਪਵਿੱਤਰ ਜੀਵਨ ਵਾਲਾ ਬਣ ਗਿਆ; ਸਾਰੇ ਸੁਖ ਦੇਣ ਵਾਲਾ ਪਰਮਾਤਮਾ ਆਪ ਹੀ ਉਸ ਮਨੁੱਖ ਨੂੰ ਆ ਮਿਲਦਾ ਹੈ । ਗੁਰੂ ਦੇ ਸ਼ਬਦ ਵਿਚ ਰੱਤੀ ਹੋਈ ਉਸ ਮਨੁੱਖ ਦੀ ਜੀਭ ਸਦਾ ਪਰਮਾਤਮਾ ਦੇ ਗੁਣ ਗਾਂਦੀ ਰਹਿੰਦੀ ਹੈ, ਉਹ ਮਨੁੱਖ ਸਦਾ ਕਾਇਮ ਰਹਿਣ ਵਾਲੇ ਪਰਮਾਤਮਾ ਦੇ ਦਰ ਤੇ ਇੱਜ਼ਤ ਪ੍ਰਾਪਤ ਕਰਦਾ ਹੈ ।੨।

ਹੇ ਭਾਈ! ਗੁਰੂ ਦੇ ਸਨਮੁਖ ਰਹਿਣ ਵਾਲਾ ਮਨੁੱਖ ਹਰਿ-ਨਾਮ ਦੀ ਬਰਕਤਿ ਨਾਲ (ਲੋਕ ਪਰਲੋਕ ਵਿਚ) ਨਾਮਣਾ ਖੱਟਦਾ ਹੈ । ਆਪਣੇ ਮਨ ਦੇ ਪਿੱਛੇ ਤੁਰਨ ਵਾਲੇ ਨਿੰਦਕ ਮਨੁੱਖ ਨੇ (ਸਭ ਥਾਈਂ ਆਪਣੀ) ਇੱਜ਼ਤ ਗਵਾ ਲਈ । ਹੇ ਭਾਈ! ਪਰਮਾਤਮਾ ਦੇ ਨਾਮ ਵਿਚ ਰੰਗੇ ਰਹਿਣ ਵਾਲੇ ਮਨੁੱਖ ਪਰਮ ਹੰਸ ਹਨ, (ਅਸਲ) ਬੈਰਾਗੀ ਹਨ, ਉਹ ਹਰ ਵੇਲੇ ਪਰਮਾਤਮਾ ਦੇ ਚਰਨਾਂ ਵਿਚ ਸੁਰਤਿ ਜੋੜੀ ਰੱਖਦੇ ਹਨ ।੩।

ਹੇ ਭਾਈ! (ਵਿਕਾਰਾਂ ਦਾ ਟਾਕਰਾ ਸਫਲਤਾ ਨਾਲ ਕਰਨ ਵਾਲੇ) ਸੂਰਮੇ ਗੁਰੂ ਨੇ ਆਖ ਕੇ (ਹਰੇਕ ਪ੍ਰਾਣੀ ਨੂੰ) ਸੁਣਾ ਦਿੱਤਾ ਹੈ ਕਿ ਜਿਹੜਾ ਮਨੁੱਖ ਗੁਰੂ ਦੇ ਸ਼ਬਦ ਵਿਚ ਜੁੜ ਕੇ ਵਿਕਾਰਾਂ ਦੀ ਮਾਰ ਤੋਂ ਬਚਿਆ ਰਹਿੰਦਾ ਹੈ, (ਵਿਕਾਰਾਂ ਦਾ ਪ੍ਰਭਾਵ ਆਪਣੇ ਉੱਤੇ ਨਹੀਂ ਪੈਣ ਦੇਂਦਾ, ਵਿਕਾਰਾਂ ਦੇ ਭਾ ਦਾ ਮਰਿਆ ਹੋਇਆ ਹੈ), ਉਹੀ ਮਨੁੱਖ ਪੂਰਨ ਹੈ । ਹੇ ਭਾਈ! ਉਸ ਮਨੁੱਖ ਦੇ ਸਰੀਰ ਦੇ ਵਿਚ ਹੀ ਸਦਾ-ਥਿਰ ਪ੍ਰਭੂ ਦੇ ਆਤਮਕ ਜੀਵਨ ਦੇਣ ਵਾਲੇ ਨਾਮ-ਜਲ ਦਾ ਚਸ਼ਮਾ ਹੈ (ਜਿਸ ਵਿਚੋਂ) ਉਸ ਦਾ ਮਨ ਬੜੇ ਪ੍ਰੇਮ-ਪਿਆਰ ਨਾਲ (ਨਾਮ-ਜਲ) ਪੀਂਦਾ ਰਹਿੰਦਾ ਹੈ ।੪।

ਪੜਿ ਪੰਡਿਤੁ ਅਵਰਾ ਸਮਝਾਏ ॥ ਘਰ ਜਲਤੇ ਕੀ ਖਬਰਿ ਨ ਪਾਏ ॥ ਬਿਨੁ ਸਤਿਗੁਰ ਸੇਵੇ ਨਾਮੁ ਨ ਪਾਈਐ ਪੜਿ ਥਾਕੇ ਸਾਂਤਿ ਨ ਆਈ ਹੇ ॥੫॥ ਇਕਿ ਭਸਮ ਲਗਾਇ ਫਿਰਹਿ ਭੇਖਧਾਰੀ ॥ ਬਿਨੁ ਸਬਦੈ ਹਉਮੈ ਕਿਨਿ ਮਾਰੀ ॥ ਅਨਦਿਨੁ ਜਲਤ ਰਹਹਿ ਦਿਨੁ ਰਾਤੀ ਭਰਮਿ ਭੇਖਿ ਭਰਮਾਈ ਹੇ ॥੬॥ ਇਕਿ ਗ੍ਰਿਹ ਕੁਟੰਬ ਮਹਿ ਸਦਾ ਉਦਾਸੀ ॥ ਸਬਦਿ ਮੁਏ ਹਰਿ ਨਾਮਿ ਨਿਵਾਸੀ ॥ ਅਨਦਿਨੁ ਸਦਾ ਰਹਹਿ ਰੰਗਿ ਰਾਤੇ ਭੈ ਭਾਇ ਭਗਤਿ ਚਿਤੁ ਲਾਈ ਹੇ ॥੭॥ ਮਨਮੁਖੁ ਨਿੰਦਾ ਕਰਿ ਕਰਿ ਵਿਗੁਤਾ ॥ ਅੰਤਰਿ ਲੋਭੁ ਭਉਕੈ ਜਿਸੁ ਕੁਤਾ ॥ ਜਮਕਾਲੁ ਤਿਸੁ ਕਦੇ ਨ ਛੋਡੈ ਅੰਤਿ ਗਇਆ ਪਛੁਤਾਈ ਹੇ ॥੮॥ {ਪੰਨਾ ੧੦੪੬}

ਪਦ ਅਰਥ :—ਪੜਿ—ਪੜ੍ਹ ਕੇ । ਪੰਡਿਤੁ—{ਇਕ-ਵਚਨ} । ਅਵਰਾ—ਅਵਰਾਂ, ਹੋਰਨਾਂ ਨੂੰ । ਜਲਤੇ ਕੀ—ਸੜ ਰਹੇ ਦੀ । ਨ ਪਾਈਐ—ਨਹੀਂ ਪਾਇਆ ਜਾ ਸਕਦਾ ।੫।

ਇਕਿ—{ਲਫ਼ਜ਼ 'ਇਕ' ਤੋਂ ਬਹੁ-ਵਚਨ} । ਲਗਾਇ—ਲਾ ਕੇ । ਭੇਖ ਧਾਰੀ—ਸਾਧੂਆਂ ਵਾਲਾ ਪਹਿਰਾਵਾ ਵਰਤਣ ਵਾਲੇ । ਕਿਨਿ—ਕਿਸ ਨੇ? ਅਨਦਿਨੁ—ਹਰ ਰੋਜ਼, ਹਰ ਵੇਲੇ । ਭਰਮਿ—ਭਟਕਣਾ ਵਿਚ । ਭੇਖਿ—ਧਾਰਮਿਕ ਪਹਿਰਾਵੇ ਵਿਚ ।੬।

ਉਦਾਸੀ—ਨਿਰਮੋਹ । ਮੁਏ—ਦੁਨੀਆ ਵਲੋਂ ਮਰੇ ਹੋਏ । ਨਾਮਿ—ਨਾਮ ਵਿਚ । ਰੰਗਿ—ਪ੍ਰੇਮ-ਰੰਗ ਵਿਚ । ਰਾਤੇ—ਰੰਗੇ ਹੋਏ । ਭੈ—ਅਦਬ ਦੀ ਰਾਹੀਂ । ਭਾਇ—ਪ੍ਰੇਮ ਦੀ ਰਾਹੀਂ ।੭।

ਮਨਮੁਖੁ—ਆਪਣੇ ਮਨ ਦੇ ਪਿੱਛੇ ਤੁਰਨ ਵਾਲਾ । ਕਰਿ—ਕਰ ਕੇ । ਵਿਗੁਤਾ—ਖ਼ੁਆਰ ਹੁੰਦਾ ਹੈ । ਅੰਤਰਿ ਜਿਸੁ—ਜਿਸ ਦੇ ਅੰਦਰ । ਭਉਕੈ—ਭੌਂਕਦਾ ਹੈ, ਹੋਰ ਮਾਇਆ ਮੰਗਦਾ ਹੈ । ਜਮਕਾਲੁ—ਮੌਤ, ਆਤਮਕ ਮੌਤ । ਅੰਤਿ—ਅਖ਼ੀਰ ਵੇਲੇ ।੮।

ਅਰਥ :—ਹੇ ਭਾਈ! ਪੰਡਿਤ (ਧਰਮ ਪੁਸਤਕਾਂ) ਪੜ੍ਹ ਕੇ ਹੋਰਨਾਂ ਨੂੰ ਮੱਤਾਂ ਦੇਂਦਾ ਹੈ, ਪਰ (ਮਾਇਆ ਦੀ ਤ੍ਰਿਸ਼ਨਾ-ਅੱਗ ਨਾਲ ਆਪਣਾ ਹਿਰਦਾ-) ਘਰ ਸੜ ਰਹੇ ਦਾ ਉਸ ਨੂੰ ਪਤਾ ਹੀ ਨਹੀਂ ਲੱਗਦਾ । ਹੇ ਭਾਈ! ਗੁਰੂ ਦੀ ਸਰਨ ਪੈਣ ਤੋਂ ਬਿਨਾ ਪਰਮਾਤਮਾ ਦਾ ਨਾਮ ਨਹੀਂ ਮਿਲਦਾ (ਨਾਮ ਤੋਂ ਬਿਨਾ ਹਿਰਦੇ ਵਿਚ ਠੰਢ ਨਹੀਂ ਪੈ ਸਕਦੀ) । ਪੰਡਿਤ ਲੋਕ (ਹੋਰਨਾਂ ਨੂੰ ਉਪਦੇਸ਼ ਕਰਨ ਲਈ ਧਰਮ ਪੁਸਤਕ) ਪੜ੍ਹ ਪੜ੍ਹ ਕੇ ਥੱਕ ਗਏ, ਉਹਨਾਂ ਦੇ ਅੰਦਰ ਸ਼ਾਂਤੀ ਪੈਦਾ ਨਾਹ ਹੋਈ ।੫।

ਹੇ ਭਾਈ! ਕਈ ਐਸੇ ਹਨ ਜੋ ਸਾਧੂਆਂ ਵਾਲਾ ਬਾਣਾ ਪਾ ਕੇ (ਪਿੰਡੇ ਉਤੇ) ਸੁਆਹ ਮਲ ਕੇ ਤੁਰੇ ਫਿਰਦੇ ਹਨ । ਪਰ ਗੁਰੂ ਦੇ ਸ਼ਬਦ ਤੋਂ ਬਿਨਾ ਕੋਈ ਭੀ ਮਨੁੱਖ ਹਉਮੈ ਨੂੰ ਮੁਕਾ ਨਹੀਂ ਸਕਿਆ । (ਸਾਧ-ਬਾਣੇ ਵਿਚ ਹੁੰਦਿਆਂ ਭੀ) ਉਹ ਹਰ ਵੇਲੇ ਦਿਨ ਰਾਤ (ਤ੍ਰਿਸ਼ਨਾ ਦੀ ਅੱਗ ਵਿਚ) ਸੜਦੇ ਰਹਿੰਦੇ ਹਨ, ਉਹ ਭਰਮ ਵਿਚ ਭੇਖ ਦੇ ਭੁਲੇਖੇ ਵਿਚ ਭਟਕਦੇ ਫਿਰਦੇ ਹਨ ।੬।

ਪਰ, ਹੇ ਭਾਈ! ਕਈ ਐਸੇ ਹਨ ਜੋ ਗ੍ਰਿਹਸਤ ਵਿਚ ਪਰਵਾਰ ਵਿਚ (ਰਹਿੰਦੇ ਹੋਏ ਹੀ) ਸਦਾ ਨਿਰਮੋਹ ਹਨ, ਉਹ ਗੁਰੂ ਦੇ ਸ਼ਬਦ ਦੀ ਬਰਕਤਿ ਨਾਲ ਮਾਇਆ ਦੇ ਮੋਹ ਵਲੋਂ ਮਰੇ ਹੋਏ ਹਨ, ਉਹ ਸਦਾ ਪ੍ਰਭੂ ਦੇ ਨਾਮ ਵਿਚ ਲੀਨ ਰਹਿੰਦੇ ਹਨ । ਉਹ ਹਰ ਵੇਲੇ ਸਦਾ ਹੀ ਪ੍ਰਭੂ ਦੇ ਪ੍ਰੇਮ-ਰੰਗ ਵਿਚ ਰੰਗੇ ਰਹਿੰਦੇ ਹਨ; ਪ੍ਰਭੂ ਦੇ ਅਦਬ ਤੇ ਪਿਆਰ ਦਾ ਸਦਕਾ ਉਹ ਪ੍ਰਭੂ ਦੀ ਭਗਤੀ ਵਿਚ ਚਿੱਤ ਜੋੜੀ ਰੱਖਦੇ ਹਨ ।੭।

ਹੇ ਭਾਈ! ਮਨ ਦਾ ਮੁਰੀਦ ਮਨੁੱਖ (ਦੂਜਿਆਂ ਦੀ) ਨਿੰਦਾ ਕਰ ਕਰ ਕੇ ਦੁੱਖੀ ਹੁੰਦਾ ਰਹਿੰਦਾ ਹੈ, ਉਸ ਦੇ ਅੰਦਰ ਲੋਭ ਜ਼ੋਰ ਪਾਈ ਰੱਖਦਾ ਹੈ, ਜਿਵੇਂ ਕੁੱਤਾ (ਨਿੱਤ) ਭੌਂਕਦਾ ਰਹਿੰਦਾ ਹੈ । ਹੇ ਭਾਈ! ਆਤਮਕ ਮੌਤ ਅਜਿਹੇ ਮਨੁੱਖ ਦੀ ਕਦੇ ਖ਼ਲਾਸੀ ਨਹੀਂ ਕਰਦੀ, ਅਖ਼ੀਰ ਮਰਨ ਵੇਲੇ ਭੀ ਉਹ ਇਥੋਂ ਹੱਥ ਮਲਦਾ ਹੀ ਜਾਂਦਾ ਹੈ ।੮।

ਸਚੈ ਸਬਦਿ ਸਚੀ ਪਤਿ ਹੋਈ ॥ ਬਿਨੁ ਨਾਵੈ ਮੁਕਤਿ ਨ ਪਾਵੈ ਕੋਈ ॥ ਬਿਨੁ ਸਤਿਗੁਰ ਕੋ ਨਾਉ ਨ ਪਾਏ ਪ੍ਰਭਿ ਐਸੀ ਬਣਤ ਬਣਾਈ ਹੇ ॥੯॥ ਇਕਿ ਸਿਧ ਸਾਧਿਕ ਬਹੁਤੁ ਵੀਚਾਰੀ ॥ ਇਕਿ ਅਹਿਨਿਸਿ ਨਾਮਿ ਰਤੇ ਨਿਰੰਕਾਰੀ ॥ ਜਿਸ ਨੋ ਆਪਿ ਮਿਲਾਏ ਸੋ ਬੂਝੈ ਭਗਤਿ ਭਾਇ ਭਉ ਜਾਈ ਹੇ ॥੧੦॥ ਇਸਨਾਨੁ ਦਾਨੁ ਕਰਹਿ ਨਹੀ ਬੂਝਹਿ ॥ ਇਕਿ ਮਨੂਆ ਮਾਰਿ ਮਨੈ ਸਿਉ ਲੂਝਹਿ ॥ ਸਾਚੈ ਸਬਦਿ ਰਤੇ ਇਕ ਰੰਗੀ ਸਾਚੈ ਸਬਦਿ ਮਿਲਾਈ ਹੇ ॥੧੧॥ ਆਪੇ ਸਿਰਜੇ ਦੇ ਵਡਿਆਈ ॥ ਆਪੇ ਭਾਣੈ ਦੇਇ ਮਿਲਾਈ ॥ ਆਪੇ ਨਦਰਿ ਕਰੇ ਮਨਿ ਵਸਿਆ ਮੇਰੈ ਪ੍ਰਭਿ ਇਉ ਫੁਰਮਾਈ ਹੇ ॥੧੨॥ {ਪੰਨਾ ੧੦੪੬}

ਪਦ ਅਰਥ :—ਸਬਦਿ—ਸ਼ਬਦ ਵਿਚ (ਲੀਨ ਹੋਇਆਂ) । ਸਾਚੈ ਸਬਦਿ—ਸਦਾ-ਥਿਰ ਪ੍ਰਭੂ ਦੀ ਸਿਫ਼ਤਿ-ਸਾਲਾਹ ਵਿਚ ਜੁੜਿਆਂ । ਸਚੀ—ਸਦਾ-ਥਿਰ ਰਹਿਣ ਵਾਲੀ । ਪਤਿ—ਇੱਜ਼ਤ । ਮੁਕਤਿ—(ਲੋਭ ਆਦਿਕ ਵਿਕਾਰਾਂ ਤੋਂ) ਖ਼ਲਾਸੀ । ਕੋ—ਕਈ ਮਨੁੱਖ । ਪ੍ਰਭਿ—ਪ੍ਰਭੂ ਨੇ । ਬਣਤ—ਮਰਯਾਦਾ ।੯।

ਇਕਿ—{ਲਫ਼ਜ਼ 'ਇਕ' ਤੋਂ ਬਹੁ-ਵਚਨ} ਕਈ । ਸਿਧ—ਸਿੱਧ, ਜੋਗ-ਸਾਧਨਾਂ ਵਿਚ ਪੁੱਗੇ ਹੋਏ ਜੋਗੀ । ਸਾਧਿਕ—ਜੋਗ-ਸਾਧਨ ਕਰਨ ਵਾਲੇ । ਵੀਚਾਰੀ—ਚਰਚਾ ਕਰਨ ਵਾਲੇ । ਅਹਿ—ਦਿਨ । ਨਿਸਿ—ਰਾਤ । ਨਾਮਿ—ਨਾਮ ਵਿਚ । ਰਤੇ—ਰੰਗੇ ਹੋਏ । ਜਿਸ ਨੋ—{ਸੰਬੰਧਕ 'ਨੋ' ਦੇ ਕਾਰਨ ਲਫ਼ਜ਼ 'ਜਿਸੁ' ਦਾ ੂ ਉੱਡ ਗਿਆ ਹੈ} । ਬੂਝੈ—(ਸਹੀ ਜੀਵਨ-ਰਾਹ) ਸਮਝਦਾ ਹੈ । ਭਾਇ—ਪ੍ਰੇਮ ਦੀ ਰਾਹੀਂ ।੧੦।

ਕਰਹਿ—ਕਰਦੇ ਹਨ {ਬਹੁ-ਵਚਨ} । ਬੂਝਹਿ—{ਬਹੁ-ਵਚਨ । 'ਬੂਝੈ' ਇਕ-ਵਚਨ} । ਮਨੂਆ—ਕੋਝਾ ਮਨ । ਮਾਰਿ—ਮਾਰ ਕੇ । ਮਨੈ ਸਿਉ—ਮਨ ਹੀ ਨਾਲ । ਲੂਝਹਿ—ਜੁੱਧ ਕਰਦੇ ਹਨ । ਇਕ ਰੰਗੀ—ਇੱਕ (ਪ੍ਰਭੂ) ਦੇ ਪ੍ਰੇਮ-ਰੰਗ ਵਾਲੇ ।੧੧।

ਆਪੇ—ਆਪ ਹੀ । ਸਿਰਜੇ—ਪੈਦਾ ਕਰਦਾ ਹੈ । ਦੇ—ਦੇਂਦਾ ਹੈ । ਭਾਣੈ—ਰਜ਼ਾ ਵਿਚ । ਦੇਇ ਮਿਲਾਈ—ਮਿਲਾਇ ਦੇਇ, ਮਿਲਾ ਦੇਂਦਾ ਹੈ । ਨਦਰਿ—ਮਿਹਰ ਦੀ ਨਿਗਾਹ । ਮਨਿ—ਮਨ ਵਿਚ । ਮੇਰੈ ਪ੍ਰਭਿ—ਮੇਰੇ ਪ੍ਰਭੂ ਨੇ ।੧੨।

ਅਰਥ :—ਹੇ ਭਾਈ! ਪ੍ਰਭੂ ਨੇ ਅਜਿਹੀ ਮਰਯਾਦਾ ਬਣਾ ਰੱਖੀ ਹੈ ਕਿ ਗੁਰੂ (ਦੀ ਸਰਨ ਪੈਣ) ਤੋਂ ਬਿਨਾ ਕੋਈ ਮਨੁੱਖ ਪ੍ਰਭੂ ਦਾ ਨਾਮ ਪ੍ਰਾਪਤ ਨਹੀਂ ਕਰ ਸਕਦਾ, ਤੇ, ਨਾਮ (ਜਪਣ) ਤੋਂ ਬਿਨਾ ਕੋਈ ਮਨੁੱਖ (ਲੋਭ ਆਦਿਕ ਵਿਕਾਰਾਂ ਤੋਂ) ਖ਼ਲਾਸੀ ਨਹੀਂ ਪਾ ਸਕਦਾ । ਸਦਾ-ਥਿਰ ਪ੍ਰਭੂ ਦੀ ਸਿਫ਼ਤਿ-ਸਾਲਾਹ ਦੀ ਬਾਣੀ ਵਿਚ ਜੁੜਿਆਂ ਸਦਾ ਕਾਇਮ ਰਹਿਣ ਵਾਲੀ ਇੱਜ਼ਤ ਮਿਲ ਜਾਂਦੀ ਹੈ ।੯।

ਹੇ ਭਾਈ! ਕਈ (ਐਸੇ ਹਨ ਜੋ) ਜੋਗ-ਸਾਧਨਾਂ ਵਿਚ ਪੁੱਗੇ ਹੋਏ ਜੋਗੀ (ਅਖਵਾਂਦੇ) ਹਨ, ਕਈ (ਅਜੇ) ਜੋਗ-ਸਾਧਨ ਕਰ ਰਹੇ ਹਨ, ਕਈ ਚਰਚਾ (ਆਦਿਕ) ਕਰਨ ਵਾਲੇ ਹਨ । ਕਈ ਦਿਨ ਰਾਤ ਨਿਰੰਕਾਰ ਦੇ ਨਾਮ ਵਿਚ ਰੰਗੇ ਰਹਿੰਦੇ ਹਨ । ਜਿਸ ਮਨੁੱਖ ਨੂੰ ਪਰਮਾਤਮਾ ਆਪ ਆਪਣੇ ਚਰਨਾਂ ਵਿਚ ਜੋੜ ਲੈਂਦਾ ਹੈ ਉਹ (ਸਹੀ ਜੀਵਨ-ਰਾਹ) ਸਮਝ ਲੈਂਦਾ ਹੈ । ਪ੍ਰਭੂ ਦੀ ਭਗਤੀ ਤੇ ਪ੍ਰਭੂ-ਪ੍ਰੇਮ ਦੀ ਬਰਕਤਿ ਨਾਲ (ਉਸ ਦੇ ਅੰਦਰੋਂ) ਹਰੇਕ ਕਿਸਮ ਦਾ ਡਰ ਦੂਰ ਹੋ ਜਾਂਦਾ ਹੈ ।੧੦।

ਹੇ ਭਾਈ! ਅਨੇਕਾਂ ਪ੍ਰਾਣੀ ਤੀਰਥਾਂ ਦੇ ਇਸ਼ਨਾਨ ਕਰਦੇ ਹਨ, ਦਾਨ ਕਰਦੇ ਹਨ (ਪਰ ਇਹਨਾਂ ਕਰਮਾਂ ਨਾਲ ਉਹ ਸਹੀ ਜੀਵਨ-ਰਾਹ) ਨਹੀਂ ਸਮਝ ਸਕਦੇ । ਕਈ ਐਸੇ ਹਨ ਜੋ ਆਪਣੇ ਮਨ ਨੂੰ (ਵਿਕਾਰਾਂ ਵਲੋਂ) ਮਾਰ ਕੇ ਸਦਾ ਮਨ ਨਾਲ ਹੀ ਜੰਗ ਕਰਦੇ ਰਹਿੰਦੇ ਹਨ । ਉਹ ਇਕ ਪ੍ਰਭੂ ਦੇ ਪ੍ਰੇਮ-ਰੰਗ ਵਾਲੇ ਬੰਦੇ ਸਦਾ-ਥਿਰ ਪ੍ਰਭੂ ਦੀ ਸਿਫ਼ਤਿ-ਸਾਲਾਹ ਦੀ ਬਾਣੀ ਵਿਚ ਹੀ ਰੱਤੇ ਰਹਿੰਦੇ ਹਨ । ਗੁਰੂ ਦੇ ਸ਼ਬਦ ਦੀ ਰਾਹੀਂ ਸਦਾ ਕਾਇਮ ਰਹਿਣ ਵਾਲੇ ਪਰਮਾਤਮਾ ਵਿਚ ਉਹਨਾਂ ਦਾ ਮੇਲ ਹੋਇਆ ਰਹਿੰਦਾ ਹੈ ।੧੧।

(ਪਰ, ਹੇ ਭਾਈ! ਜੀਵਾਂ ਦੇ ਵੱਸ ਦੀ ਗੱਲ ਨਹੀਂ) । ਪ੍ਰਭੂ ਆਪ ਹੀ (ਜੀਵਾਂ ਨੂੰ) ਪੈਦਾ ਕਰਦਾ ਹੈ, ਆਪ ਹੀ ਇੱਜ਼ਤ ਦੇਂਦਾ ਹੈ; ਆਪ ਹੀ ਆਪਣੀ ਰਜ਼ਾ ਅਨੁਸਾਰ (ਜੀਵਾਂ ਨੂੰ ਆਪਣੇ ਚਰਨਾਂ ਵਿਚ) ਜੋੜ ਲੈਂਦਾ ਹੈ । ਪ੍ਰਭੂ ਆਪ ਹੀ ਮਿਹਰ ਦੀ ਨਿਗਾਹ ਕਰਦਾ ਹੈ ਤੇ ਜੀਵ ਦੇ ਮਨ ਵਿਚ ਆ ਵੱਸਦਾ ਹੈ—ਪ੍ਰਭੂ ਨੇ ਇਹੋ ਜਿਹਾ ਹੀ ਹੁਕਮ ਵਰਤਾਇਆ ਹੋਇਆ ਹੈ ।੧੨।

ਸਤਿਗੁਰੁ ਸੇਵਹਿ ਸੇ ਜਨ ਸਾਚੇ ॥ ਮਨਮੁਖ ਸੇਵਿ ਨ ਜਾਣਨਿ ਕਾਚੇ ॥ ਆਪੇ ਕਰਤਾ ਕਰਿ ਕਰਿ ਵੇਖੈ ਜਿਉ ਭਾਵੈ ਤਿਉ ਲਾਈ ਹੇ ॥੧੩॥ ਜੁਗਿ ਜੁਗਿ ਸਾਚਾ ਏਕੋ ਦਾਤਾ ॥ ਪੂਰੈ ਭਾਗਿ ਗੁਰ ਸਬਦੁ ਪਛਾਤਾ ॥ ਸਬਦਿ ਮਿਲੇ ਸੇ ਵਿਛੁੜੇ ਨਾਹੀ ਨਦਰੀ ਸਹਜਿ ਮਿਲਾਈ ਹੇ ॥੧੪॥ ਹਉਮੈ ਮਾਇਆ ਮੈਲੁ ਕਮਾਇਆ ॥ ਮਰਿ ਮਰਿ ਜੰਮਹਿ ਦੂਜਾ ਭਾਇਆ ॥ ਬਿਨੁ ਸਤਿਗੁਰ ਸੇਵੇ ਮੁਕਤਿ ਨ ਹੋਈ ਮਨਿ ਦੇਖਹੁ ਲਿਵ ਲਾਈ ਹੇ ॥੧੫॥ ਜੋ ਤਿਸੁ ਭਾਵੈ ਸੋਈ ਕਰਸੀ ॥ ਆਪਹੁ ਹੋਆ ਨਾ ਕਿਛੁ ਹੋਸੀ ॥ ਨਾਨਕ ਨਾਮੁ ਮਿਲੈ ਵਡਿਆਈ ਦਰਿ ਸਾਚੈ ਪਤਿ ਪਾਈ ਹੇ ॥੧੬॥੩॥ {ਪੰਨਾ ੧੦੪੬}

ਪਦ ਅਰਥ :—ਸੇਵਹਿ—ਸੇਵਾ ਕਰਦੇ ਹਨ, ਸਰਨ ਪੈਂਦੇ ਹਨ । ਸੇ—ਉਹ {ਬਹੁ-ਵਚਨ} । ਸਾਚੇ—ਟਿਕਵੇਂ ਆਤਮਕ ਜੀਵਨ ਵਾਲੇ । ਮਨਮੁਖ—ਮਨ ਦੇ ਮੁਰੀਦ ਬੰਦੇ । ਸੇਵਿ ਨ ਜਾਣਨਿ—ਸੇਵਾ ਕਰਨੀ ਨਹੀਂ ਜਾਣਦੇ, ਸਰਨ ਪੈਣਾ ਨਹੀਂ ਜਾਣਦੇ । ਕਾਚੇ—ਕਮਜ਼ੋਰ ਆਤਮਕ ਜੀਵਨ ਵਾਲੇ । ਆਪੇ—ਆਪ ਹੀ । ਕਰਿ—ਕਰ ਕੇ । ਜਿਉ ਭਾਵੈ—ਜਿਵੇਂ ਉਸ ਨੂੰ ਚੰਗਾ ਲੱਗਦਾ ਹੈ ।੧੩।

ਜੁਗਿ—ਜੁਗ ਵਿਚ । ਜੁਗਿ ਜੁਗਿ—ਹਰੇਕ ਜੁਗ ਵਿਚ । ਸਾਚਾ—ਸਦਾ ਕਾਇਮ ਰਹਿਣ ਵਾਲਾ । ਪੂਰੈ ਭਾਗਿ—ਵੱਡੀ ਕਿਸਮਤ ਨਾਲ । ਗੁਰ ਸਬਦੁ—ਗੁਰੂ ਦਾ ਸ਼ਬਦ । ਪਛਾਤਾ—ਕਦਰ ਸਮਝਦਾ ਹੈ । ਸਬਦਿ—ਸ਼ਬਦ ਵਿਚ । ਨਦਰੀ—ਮਿਹਰ ਦੀ ਨਿਗਾਹ ਨਾਲ । ਸਹਜਿ—ਆਤਮਕ ਅਡੋਲਤਾ ਵਿਚ ।੧੪।

ਮੈਲੁ—ਵਿਕਾਰਾਂ ਦੀ ਮੈਲ । ਕਮਾਇਆ—ਇਕੱਠੀ ਕੀਤੀ । ਮਰਿ—ਮਰ ਕੇ । ਮਰਿ ਮਰਿ—ਮੁੜ ਮੁੜ ਮਰ ਕੇ । ਜੰਮਹਿ—ਜੰਮਦੇ ਹਨ {ਬਹੁ-ਵਚਨ} । ਦੂਜਾ—ਦੂਜਾ ਪਾਸਾ, ਮਾਇਆ ਦਾ ਮੋਹ । ਭਾਇਆ—ਪਿਆਰਾ ਲੱਗਦਾ ਹੈ । ਮੁਕਤਿ—ਖ਼ਲਾਸੀ । ਮਨਿ—ਮਨ ਵਿਚ । ਲਾਈ—ਲਾਇ, ਲਾ ਕੇ । ਮਨਿ ਲਿਵ ਲਾਈ—ਮਨਿ ਲਿਵ ਲਾਇ, ਮਨ ਵਿਚ ਲਿਵ ਲਾ ਕੇ, ਮਨ ਵਿਚ ਡੂੰਘੀ ਵਿਚਾਰ ਕਰ ਕੇ ।੧੫।

ਤਿਸੁ—ਉਸ (ਪ੍ਰਭੂ) ਨੂੰ । ਭਾਵੈ—ਚੰਗਾ ਲੱਗਦਾ ਹੈ । ਕਰਸੀ—ਉਹ ਕਰੇਗਾ । ਆਪਹੁ—ਆਪਣੇ ਆਪ ਤੋਂ, ਜੀਵ ਦੇ ਆਪਣੇ ਉੱਦਮ ਨਾਲ । ਹੋਸੀ—ਹੋਵੇਗਾ । ਨਾਨਕ—ਹੇ ਨਾਨਕ! ਦਰਿ ਸਾਚੈ—ਸਦਾ ਕਾਇਮ ਰਹਿਣ ਵਾਲੇ ਪ੍ਰਭੂ ਦੇ ਦਰ ਤੇ ।੧੬।

ਅਰਥ :—ਹੇ ਭਾਈ! ਜਿਹੜੇ ਮਨੁੱਖ ਗੁਰੂ ਦਾ ਦਰ ਮੱਲਦੇ ਹਨ, ਉਹ ਮਨੁੱਖ ਟਿਕਵੇਂ ਆਤਮਕ ਜੀਵਨ ਵਾਲੇ ਬਣ ਜਾਂਦੇ ਹਨ । ਪਰ ਮਨ ਦੇ ਮੁਰੀਦ ਗੁਰੂ ਦਾ ਦਰ ਮੱਲਣਾ ਨਹੀਂ ਜਾਣਦੇ, ਉਹ ਕਮਜ਼ੋਰ ਜੀਵਨ ਵਾਲੇ ਰਹਿ ਜਾਂਦੇ ਹਨ । (ਪਰ, ਜੀਵਾਂ ਦੇ ਕੀਹ ਵੱਸ?) ਕਰਤਾਰ ਆਪ ਹੀ ਇਹ ਕੌਤਕ ਕਰ ਕਰ ਕੇ ਵੇਖ ਰਿਹਾ ਹੈ । ਜਿਵੇਂ ਉਸ ਨੂੰ ਚੰਗਾ ਲੱਗਦਾ ਹੈ, ਉਹ ਤਿਵੇਂ ਹੀ ਜੀਵਾਂ ਨੂੰ ਕਾਰੇ ਲਾ ਰਿਹਾ ਹੈ ।੧੩।

ਹੇ ਭਾਈ! ਹਰੇਕ ਜੁਗ ਵਿਚ ਸਦਾ ਕਾਇਮ ਰਹਿਣ ਵਾਲਾ ਪਰਮਾਤਮਾ ਹੀ (ਨਾਮ ਦੀ ਦਾਤਿ) ਦੇਣ ਵਾਲਾ ਹੈ । (ਜਿਸ ਨੂੰ ਇਹ ਦਾਤਿ ਦੇਂਦਾ ਹੈ ਉਹ ਮਨੁੱਖ) ਵੱਡੀ ਕਿਸਮਤ ਨਾਲ ਗੁਰੂ ਦੇ ਸ਼ਬਦ (ਦੀ ਕਦਰ) ਨੂੰ ਸਮਝ ਲੈਂਦਾ ਹੈ । ਜਿਹੜੇ ਮਨੁੱਖ ਗੁਰੂ ਦੇ ਸ਼ਬਦ ਵਿਚ ਲੀਨ ਹੋ ਜਾਂਦੇ ਹਨ ਉਹ ਉਥੋਂ ਫਿਰ ਵਿੱਛੁੜਦੇ ਨਹੀਂ । ਹੇ ਭਾਈ! ਪ੍ਰਭੂ ਉਹਨਾਂ ਨੂੰ ਆਪਣੀ ਮਿਹਰ ਦੀ ਨਿਗਾਹ ਨਾਲ ਆਤਮਕ ਅਡੋਲਤਾ ਵਿਚ ਮਿਲਾਈ ਰੱਖਦਾ ਹੈ ।੧੪।

ਹੇ ਭਾਈ! ਜਿਹੜੇ ਮਨੁੱਖ ਮਾਇਆ ਦੀ ਹਉਮੈ ਦੇ ਕਾਰਨ ਵਿਕਾਰਾਂ ਦੀ ਮੈਲ ਹੀ ਇਕੱਠੀ ਕਰਦੇ ਹਨ, ਉਹ ਸਦਾ ਜਨਮ ਮਰਨ ਦੇ ਗੇੜ ਵਿਚ ਪਏ ਰਹਿੰਦੇ ਹਨ, ਉਹਨਾਂ ਨੂੰ ਉਹ ਦੂਜਾ ਪਾਸਾ ਹੀ ਪਿਆਰਾ ਲੱਗਦਾ ਹੈ । ਪਰ ਤੁਸੀ ਬੇ-ਸ਼ੱਕ ਆਪਣੇ ਮਨ ਵਿਚ ਡੂੰਘੀ ਵਿਚਾਰ ਕਰ ਕੇ ਵੇਖ ਲਵੋ, ਗੁਰੂ ਦੀ ਸਰਨ ਪੈਣ ਤੋਂ ਬਿਨਾ (ਵਿਕਾਰਾਂ ਦੀ ਮੈਲ ਤੋਂ) ਖ਼ਲਾਸੀ ਨਹੀਂ ਹੋ ਸਕਦੀ ।੧੫।

ਹੇ ਭਾਈ! (ਇਹ ਸਾਰੀ ਜਗਤ-ਖੇਡ ਪ੍ਰਭੂ ਦੇ ਹੱਥ ਵਿਚ ਹੈ) ਜੋ ਕੁਝ ਉਸ ਨੂੰ ਚੰਗਾ ਲੱਗਦਾ ਹੈ, ਉਹੀ ਉਹ ਕਰੇਗਾ । ਜੀਵ ਦੇ ਆਪਣੇ ਉੱਦਮ ਨਾਲ ਨਾਹ ਹੁਣ ਤਕ ਕੁਝ ਹੋ ਸਕਿਆ ਹੈ ਨਾਹ ਹੀ ਅਗਾਂਹ ਨੂੰ ਕੁਝ ਹੋ ਸਕੇਗਾ । ਹੇ ਨਾਨਕ! ਜਿਸ ਮਨੁੱਖ ਨੂੰ ਪਰਮਾਤਮਾ ਦਾ ਨਾਮ ਮਿਲ ਜਾਂਦਾ ਹੈ ਉਸ ਨੂੰ (ਲੋਕ ਪਰਲੋਕ ਦੀ) ਇੱਜ਼ਤ ਮਿਲ ਜਾਂਦੀ ਹੈ, ਉਹ ਮਨੁੱਖ ਸਦਾ-ਥਿਰ ਪ੍ਰਭੂ ਦੇ ਦਰ ਤੇ ਆਦਰ ਪ੍ਰਾਪਤ ਕਰਦਾ ਹੈ ।੧੬।੩।

ਮਾਰੂ ਮਹਲਾ ੩ ॥ ਜੋ ਆਇਆ ਸੋ ਸਭੁ ਕੋ ਜਾਸੀ ॥ ਦੂਜੈ ਭਾਇ ਬਾਧਾ ਜਮ ਫਾਸੀ ॥ ਸਤਿਗੁਰਿ ਰਾਖੇ ਸੇ ਜਨ ਉਬਰੇ ਸਾਚੇ ਸਾਚਿ ਸਮਾਈ ਹੇ ॥੧॥ ਆਪੇ ਕਰਤਾ ਕਰਿ ਕਰਿ ਵੇਖੈ ॥ ਜਿਸ ਨੋ ਨਦਰਿ ਕਰੇ ਸੋਈ ਜਨੁ ਲੇਖੈ ॥ ਗੁਰਮੁਖਿ ਗਿਆਨੁ ਤਿਸੁ ਸਭੁ ਕਿਛੁ ਸੂਝੈ ਅਗਿਆਨੀ ਅੰਧੁ ਕਮਾਈ ਹੇ ॥੨॥ ਮਨਮੁਖ ਸਹਸਾ ਬੂਝ ਨ ਪਾਈ ॥ ਮਰਿ ਮਰਿ ਜੰਮੈ ਜਨਮੁ ਗਵਾਈ ॥ ਗੁਰਮੁਖਿ ਨਾਮਿ ਰਤੇ ਸੁਖੁ ਪਾਇਆ ਸਹਜੇ ਸਾਚਿ ਸਮਾਈ ਹੇ ॥੩॥ ਧੰਧੈ ਧਾਵਤ ਮਨੁ ਭਇਆ ਮਨੂਰਾ ॥ ਫਿਰਿ ਹੋਵੈ ਕੰਚਨੁ ਭੇਟੈ ਗੁਰੁ ਪੂਰਾ ॥ ਆਪੇ ਬਖਸਿ ਲਏ ਸੁਖੁ ਪਾਏ ਪੂਰੈ ਸਬਦਿ ਮਿਲਾਈ ਹੇ ॥੪॥ {ਪੰਨਾ ੧੦੪੭}

ਪਦ ਅਰਥ :—ਸਭੁ ਕੋ—ਹਰੇਕ ਜੀਵ । ਜਾਸੀ—ਚਲਾ ਜਾਇਗਾ । ਦੂਜੈ ਭਾਇ—(ਪ੍ਰਭੂ ਤੋਂ ਬਿਨਾ) ਹੋਰ ਦੇ ਪਿਆਰ ਵਿਚ । ਭਾਇ—ਪਿਆਰ ਵਿਚ । ਬਾਧਾ—ਬੱਝਾ ਹੋਇਆ । ਜਮ—ਮੌਤ, ਆਤਮਕ ਮੌਤ । ਸਤਿਗੁਰਿ—ਗੁਰੂ ਨੇ । ਉਬਰੇ—ਬਚ ਗਏ । ਸਾਚੇ—ਸਾਚਿ, ਸਦਾ-ਥਿਰ ਪ੍ਰਭੂ ਵਿਚ ।੧।

ਆਪੇ—ਆਪ ਹੀ । ਜਿਸ ਨੋ—{ਸੰਬੰਧਕ 'ਨੋ' ਦੇ ਕਾਰਨ ਲਫ਼ਜ਼ 'ਜਿਸੁ' ਦਾ _ ਉੱਡ ਗਿਆ ਹੈ} । ਲੇਖੈ—ਲੇਖੇ ਵਿਚ, ਪਰਵਾਨਗੀ ਵਿਚ । ਗਿਆਨੁ—ਆਤਮਕ ਜੀਵਨ ਦੀ ਸੂਝ । ਗੁਰਮੁਖਿ—ਗੁਰੂ ਦੀ ਰਾਹੀਂ । ਅੰਧੁ—ਅੰਨ੍ਹਿਆਂ ਵਾਲਾ ਕੰਮ ।੨।

ਸਹਸਾ—ਸਹਮ । ਬੂਝ—(ਆਤਮਕ ਜੀਵਨ ਦੀ) ਸੂਝ । ਮਰਿ—ਮਰ ਕੇ । ਜੰਮੈ—ਜੰਮਦਾ ਹੈ {ਇਕ-ਵਚਨ} । ਗੁਰਮੁਖਿ—ਗੁਰੂ ਦੇ ਸਨਮੁਖ ਰਹਿਣ ਵਾਲੇ । ਨਾਮਿ—ਨਾਮ ਵਿਚ । ਸਹਜੇ—ਆਤਮਕ ਅਡੋਲਤਾ ਵਿਚ । ਸਾਚਿ—ਸਦਾ-ਥਿਰ ਪ੍ਰਭੂ ਵਿਚ ।੩।

ਧੰਧੈ—ਧੰਧੇ ਵਿਚ, ਦੁਨੀਆ ਦੇ ਖਲਜਗਨ ਵਿਚ । ਧਾਵਤ—ਦੌੜਦਿਆਂ । ਮਨੂਰਾ—ਸੜਿਆ ਹੋਇਆ ਲੋਹੇ ਦਾ ਚੂਰਾ । ਕੰਚਨੁ—ਸੋਨਾ । ਭੇਟੈ—ਮਿਲਦਾ ਹੈ । ਪੂਰੈ ਸਬਦਿ—ਪੂਰਨ ਪ੍ਰਭੂ ਦੀ ਸਿਫ਼ਤਿ-ਸਾਲਾਹ ਵਿਚ ।੪।

ਅਰਥ :—ਹੇ ਭਾਈ! ਜਿਹੜਾ ਭੀ ਜੀਵ (ਜਗਤ ਵਿਚ) ਜੰਮਦਾ ਹੈ ਉਹ ਹਰੇਕ ਹੀ (ਜ਼ਰੂਰ ਇਸ ਜਗਤ ਤੋਂ) ਕੂਚ (ਭੀ) ਕਰ ਜਾਂਦਾ ਹੈ, (ਪਰ) ਮਾਇਆ ਦੇ

ਮੋਹ ਦੇ ਕਾਰਨ (ਜੀਵ) ਆਤਮਕ ਮੌਤ ਦੀ ਫਾਹੀ ਵਿਚ ਬੱਝ ਜਾਂਦਾ ਹੈ । ਗੁਰੂ ਨੇ ਜਿਨ੍ਹਾਂ ਦੀ ਰੱਖਿਆ ਕੀਤੀ, ਉਹ ਮਨੁੱਖ (ਮਾਇਆ ਦੇ ਮੋਹ ਤੋਂ) ਬਚ ਨਿਕਲਦੇ ਹਨ; ਉਹ ਸਦਾ ਹੀ ਸਦਾ-ਥਿਰ ਪਰਮਾਤਮਾ ਵਿਚ ਲੀਨ ਰਹਿੰਦੇ ਹਨ ।੧।

ਹੇ ਭਾਈ! (ਇਹ ਸਾਰਾ ਖੇਲ) ਕਰਤਾਰ ਆਪ ਹੀ ਕਰ ਕਰ ਕੇ ਵੇਖ ਰਿਹਾ ਹੈ; ਜਿਸ ਮਨੁੱਖ ਉੱਤੇ ਉਹ ਮਿਹਰ ਦੀ ਨਿਗਾਹ ਕਰਦਾ ਹੈ ਉਹੀ ਮਨੁੱਖ ਉਸ ਦੀ ਪਰਵਾਨਗੀ ਵਿਚ ਹੈ । ਜਿਸ ਮਨੁੱਖ ਨੂੰ ਗੁਰੂ ਦੀ ਰਾਹੀਂ ਆਤਮਕ ਜੀਵਨ ਦੀ ਸੂਝ ਪੈ ਜਾਂਦੀ ਹੈ ਉਸ ਨੂੰ (ਆਤਮਕ ਜੀਵਨ ਬਾਰੇ) ਹਰੇਕ ਗੱਲ ਦੀ ਸਮਝ ਆ ਜਾਂਦੀ ਹੈ । ਗਿਆਨ ਤੋਂ ਸੱਖਣਾ ਮਨੁੱਖ ਅੰਨ੍ਹਿਆਂ ਵਾਲਾ ਕੰਮ ਹੀ ਕਰਦਾ ਰਹਿੰਦਾ ਹੈ ।੨।

ਹੇ ਭਾਈ! ਮਨ ਦੇ ਮੁਰੀਦ ਮਨੁੱਖ ਨੂੰ (ਹਰ ਵੇਲੇ ਕੋਈ ਨ ਕੋਈ) ਸਹਮ (ਖਾਈ ਜਾਂਦਾ ਹੈ, ਕਿਉਂਕਿ) ਉਸ ਨੂੰ ਆਤਮਕ ਜੀਵਨ ਦੀ ਸੂਝ ਨਹੀਂ ਹੁੰਦੀ ਉਹ ਜਨਮ ਮਰਨ ਦੇ ਗੇੜ ਵਿਚ ਪਿਆ ਰਹਿੰਦਾ ਹੈ, ਉਹ ਆਪਣਾ (ਮਨੁੱਖਾ) ਜਨਮ ਵਿਅਰਥ ਗਵਾ ਜਾਂਦਾ ਹੈ । ਗੁਰੂ ਦੇ ਸਨਮੁਖ ਰਹਿਣ ਵਾਲੇ ਮਨੁੱਖ ਪਰਮਾਤਮਾ ਦੇ ਨਾਮ ਵਿਚ ਰੰਗੇ ਰਹਿੰਦੇ ਹਨ, ਉਹ ਆਤਮਕ ਆਨੰਦ ਮਾਣਦੇ ਹਨ, ਉਹ ਆਤਮਕ ਅਡੋਲਤਾ ਵਿਚ ਸਦਾ-ਥਿਰ ਪ੍ਰਭੂ ਵਿਚ ਹਰ ਵੇਲੇ ਟਿਕੇ ਰਹਿੰਦੇ ਹਨ ।੩।

ਹੇ ਭਾਈ! ਦੁਨੀਆ ਦੇ ਖਲਜਗਨ ਵਿਚ ਦੌੜ-ਭੱਜ ਕਰਦਿਆਂ ਮਨੁੱਖ ਦਾ ਮਨ ਸੜਿਆ ਹੋਇਆ ਲੋਹਾ ਬਣ ਜਾਂਦਾ ਹੈ (ਇਉਂ ਸੜਿਆ ਰਹਿੰਦਾ ਹੈ ਜਿਵੇਂ ਸੜਿਆ ਹੋਇਆ ਲੋਹਾ), ਪਰ ਜਦੋਂ ਉਸ ਨੂੰ ਪੂਰਾ ਗੁਰੂ ਮਿਲਦਾ ਹੈ, ਤਦੋਂ ਉਹ ਮੁੜ (ਸ਼ੁੱਧ) ਸੋਨਾ ਬਣ ਜਾਂਦਾ ਹੈ । ਹੇ ਭਾਈ! ਜਿਸ ਮਨੁੱਖ ਉਤੇ ਪਰਮਾਤਮਾ ਆਪ ਬਖ਼ਸ਼ਸ਼ ਕਰਦਾ ਹੈ ਉਹ ਮਨੁੱਖ ਆਤਮਕ ਆਨੰਦ ਮਾਣਦਾ ਹੈ, ਉਹ ਪੂਰਨ ਪ੍ਰਭੂ ਦੀ ਸਿਫ਼ਤਿ-ਸਾਲਾਹ ਵਿਚ ਲੀਨ ਰਹਿੰਦਾ ਹੈ ।੪।

ਦੁਰਮਤਿ ਝੂਠੀ ਬੁਰੀ ਬੁਰਿਆਰਿ ॥ ਅਉਗਣਿਆਰੀ ਅਉਗਣਿਆਰਿ ॥ ਕਚੀ ਮਤਿ ਫੀਕਾ ਮੁਖਿ ਬੋਲੈ ਦੁਰਮਤਿ ਨਾਮੁ ਨ ਪਾਈ ਹੇ ॥੫॥ ਅਉਗਣਿਆਰੀ ਕੰਤ ਨ ਭਾਵੈ ॥ ਮਨ ਕੀ ਜੂਠੀ ਜੂਠੁ ਕਮਾਵੈ ॥ ਪਿਰ ਕਾ ਸਾਉ ਨ ਜਾਣੈ ਮੂਰਖਿ ਬਿਨੁ ਗੁਰ ਬੂਝ ਨ ਪਾਈ ਹੇ ॥੬॥ ਦੁਰਮਤਿ ਖੋਟੀ ਖੋਟੁ ਕਮਾਵੈ ॥ ਸੀਗਾਰੁ ਕਰੇ ਪਿਰ ਖਸਮ ਨ ਭਾਵੈ ॥ ਗੁਣਵੰਤੀ ਸਦਾ ਪਿਰੁ ਰਾਵੈ ਸਤਿਗੁਰਿ ਮੇਲਿ ਮਿਲਾਈ ਹੇ ॥੭॥ ਆਪੇ ਹੁਕਮੁ ਕਰੇ ਸਭੁ ਵੇਖੈ ॥ ਇਕਨਾ ਬਖਸਿ ਲਏ ਧੁਰਿ ਲੇਖੈ ॥ ਅਨਦਿਨੁ ਨਾਮਿ ਰਤੇ ਸਚੁ ਪਾਇਆ ਆਪੇ ਮੇਲਿ ਮਿਲਾਈ ਹੇ ॥੮॥ {ਪੰਨਾ ੧੦੪੭}

ਪਦ ਅਰਥ :—ਦੁਰਮਤਿ—ਖੋਟੀ ਮਤਿ ਵਾਲੀ ਜੀਵ-ਇਸਤ੍ਰੀ । ਬੁਰੀ—ਭੈੜੀ । ਬੁਰਿਆਰਿ—ਭੈੜ ਦਾ ਟਿਕਾਣਾ । ਅਉਗਣਿਆਰੀ—ਔਗੁਣਾਂ-ਭਰੀ । ਕਚੀ—ਕਮਜ਼ੋਰ, ਸਦਾ ਥਿੜਕਣ ਵਾਲੀ । ਮੁਖਿ—ਮੂੰਹ ਨਾਲ, ਮੂੰਹੋਂ ।੫।

ਕੰਤ ਨ ਭਾਵੈ—ਕੰਤ ਨੂੰ ਪਸੰਦ ਨਹੀਂ ਆਉਂਦੀ । ਜੂਠੀ—ਗੰਦੀ । ਜੂਠੁ—ਗੰਦ, ਗੰਦਾ ਕੰਮ । ਸਾਉ—ਆਨੰਦ । ਮੂਰਖਿ—{ਇਸਤ੍ਰੀ ਲਿੰਗ} ਮੂਰਖ ਜੀਵ-ਇਸਤ੍ਰੀ । ਬੂਝ—ਆਤਮਕ ਜੀਵਨ ਦੀ ਸੂਝ ।੬।

ਖੋਟੁ—ਖੋਟਾ ਕੰਮ । ਸੀਗਾਰੁ—ਸਿੰਗਾਰ, ਸਰੀਰਕ ਸਜਾਵਟ । ਪਿਰ ਨ ਭਾਵੈ—ਪਿਰ ਨੂੰ ਨਹੀਂ ਭਾਉਂਦੀ । ਰਾਵੈ—ਮਿਲਿਆ ਰਹਿੰਦਾ ਹੈ । ਸਤਿਗੁਰਿ—ਗੁਰੂ ਨੇ । ਮਿਲਿ—(ਆਪਣੇ ਨਾਲ) ਮਿਲਾ ਕੇ ।੭।

ਸਭੁ—ਹਰ ਥਾਂ । ਲੇਖੈ ਬਖਸਿ ਲਏ—ਲੇਖੇ ਵਿਚ ਬਖ਼ਸ਼ ਲੈਂਦਾ ਹੈ, ਲੇਖਾ ਨਹੀਂ ਪੁੱਛਦਾ । ਅਨਦਿਨੁ—ਹਰ ਰੋਜ਼ । ਨਾਮਿ—ਨਾਮ ਵਿਚ । ਰਤੇ—ਰੰਗੇ ਹੋਏ । ਸਚੁ—ਸਦਾ-ਥਿਰ ਪ੍ਰਭੂ । ਆਪੇ—ਆਪ ਹੀ ।੮।

ਅਰਥ :—ਹੇ ਭਾਈ! ਖੋਟੀ ਮਤਿ ਵਾਲੀ ਜੀਵ-ਇਸਤ੍ਰੀ ਝੂਠ ਵਿਚ ਭੈੜ ਵਿਚ ਮਸਤ ਰਹਿੰਦੀ ਹੈ, ਉਹ ਭੈੜ ਦਾ ਅੱਡਾ ਬਣੀ ਰਹਿੰਦੀ ਹੈ, ਉਹ ਸਦਾ ਹੀ ਔਗੁਣਾਂ ਨਾਲ ਭਰੀ ਰਹਿੰਦੀ ਹੈ । ਉਸ ਦੀ ਮਤਿ ਸਦਾ (ਵਿਕਾਰਾਂ ਵਿਚ) ਥਿੜਕਦੀ ਹੈ ਉਹ ਮੂੰਹੋਂ ਖਰ੍ਹਵਾ ਬੋਲਦੀ ਹੈ, ਖੋਟੀ ਮਤਿ ਦੇ ਕਾਰਨ ਉਸ ਨੂੰ ਪਰਮਾਤਮਾ ਦਾ ਨਾਮ ਨਸੀਬ ਨਹੀਂ ਹੁੰਦਾ ।੫।

ਹੇ ਭਾਈ! ਔਗੁਣਾਂ-ਭਰੀ ਜੀਵ-ਇਸਤ੍ਰੀ ਖਸਮ-ਪ੍ਰਭੂ ਨੂੰ ਚੰਗੀ ਨਹੀਂ ਲੱਗਦੀ, ਮਨ ਦੀ ਗੰਦੀ ਉਹ ਜੀਵ-ਇਸਤ੍ਰੀ ਸਦਾ ਗੰਦਾ ਕੰਮ ਹੀ ਕਰਦੀ ਹੈ, ਉਹ ਮੂਰਖ ਜੀਵ-ਇਸਤ੍ਰੀ ਪਤੀ-ਰੂਪ ਦੇ ਮਿਲਾਪ ਦਾ ਆਨੰਦ ਨਹੀਂ ਜਾਣਦੀ । ਗੁਰੂ ਤੋਂ ਬਿਨਾ ਉਸ ਨੂੰ ਆਤਮਕ ਜੀਵਨ ਦੀ ਸੂਝ ਨਹੀਂ ਪੈਂਦੀ ।੬।

ਹੇ ਭਾਈ! ਖੋਟੀ ਮਤਿ ਵਾਲੀ ਜੀਵ-ਇਸਤ੍ਰੀ ਸਦਾ ਖੋਟ ਨਾਲ ਭਰੀ ਰਹਿੰਦੀ ਹੈ ਸਦਾ ਖੋਟ ਕਮਾਂਦੀ ਹੈ (ਖੋਟਾ ਕੰਮ ਕਰਦੀ ਹੈ), (ਦੁਰਾਚਾਰਨ ਇਸਤ੍ਰੀ ਵਾਂਗ ਉਹ ਬਾਹਰੋਂ ਧਾਰਮਿਕ) ਸਜਾਵਟ ਕਰਦੀ ਹੈ, ਪਰ ਖਸਮ-ਪ੍ਰਭੂ ਨੂੰ ਪਸੰਦ ਨਹੀਂ ਆਉਂਦੀ । ਗੁਣਾਂ ਵਾਲੀ ਜੀਵ-ਇਸਤ੍ਰੀ ਨੂੰ ਖਸਮ-ਪ੍ਰਭੂ ਸਦਾ ਮਿਲਿਆ ਰਹਿੰਦਾ ਹੈ, ਉਸ ਨੂੰ ਗੁਰੂ (-ਚਰਨਾਂ) ਵਿਚ ਮਿਲਾ ਕੇ (ਆਪਣੇ ਨਾਲ) ਮਿਲਾਈ ਰੱਖਦਾ ਹੈ ।੭।

(ਪਰ, ਹੇ ਭਾਈ! ਜੀਵਾਂ ਦੇ ਕੀਹ ਵੱਸ?) ਪਰਮਾਤਮਾ ਹਰ ਥਾਂ ਆਪ ਹੀ ਹੁਕਮ ਕਰ ਕੇ (ਆਪਣੇ ਪ੍ਰੇਰੇ ਹੋਏ ਜੀਵਾਂ ਦਾ ਹਰੇਕ ਕੰਮ) ਵੇਖ ਰਿਹਾ ਹੈ । ਧੁਰੋਂ ਆਪਣੇ ਹੁਕਮ ਵਿਚ ਹੀ ਕਈ ਜੀਵਾਂ ਨੂੰ ਲੇਖੇ ਵਿਚ ਬਖ਼ਸ਼ ਲੈਂਦਾ ਹੈ; ਉਹ ਜੀਵ ਹਰ ਵੇਲੇ ਉਸ ਦੇ ਨਾਮ ਵਿਚ ਰੰਗੇ ਰਹਿੰਦੇ ਹਨ, ਉਹਨਾਂ ਨੂੰ ਉਹ ਸਦਾ-ਥਿਰ ਪ੍ਰਭੂ ਮਿਲਿਆ ਰਹਿੰਦਾ ਹੈ । ਪ੍ਰਭੂ ਆਪ ਹੀ ਉਹਨਾਂ ਨੂੰ (ਗੁਰੂ ਨਾਲ) ਮਿਲਾ ਕੇ ਆਪਣੇ ਚਰਨਾਂ ਵਿਚ ਜੋੜੀ ਰੱਖਦਾ ਹੈ ।੮।

ਹਉਮੈ ਧਾਤੁ ਮੋਹ ਰਸਿ ਲਾਈ ॥ ਗੁਰਮੁਖਿ ਲਿਵ ਸਾਚੀ ਸਹਜਿ ਸਮਾਈ ॥ ਆਪੇ ਮੇਲੈ ਆਪੇ ਕਰਿ ਵੇਖੈ ਬਿਨੁ ਸਤਿਗੁਰ ਬੂਝ ਨ ਪਾਈ ਹੇ ॥੯॥ ਇਕਿ ਸਬਦੁ ਵੀਚਾਰਿ ਸਦਾ ਜਨ ਜਾਗੇ ॥ ਇਕਿ ਮਾਇਆ ਮੋਹਿ ਸੋਇ ਰਹੇ ਅਭਾਗੇ ॥ ਆਪੇ ਕਰੇ ਕਰਾਏ ਆਪੇ ਹੋਰੁ ਕਰਣਾ ਕਿਛੂ ਨ ਜਾਈ ਹੇ ॥੧੦॥ ਕਾਲੁ ਮਾਰਿ ਗੁਰ ਸਬਦਿ ਨਿਵਾਰੇ ॥ ਹਰਿ ਕਾ ਨਾਮੁ ਰਖੈ ਉਰ ਧਾਰੇ ॥ ਸਤਿਗੁਰ ਸੇਵਾ ਤੇ ਸੁਖੁ ਪਾਇਆ ਹਰਿ ਕੈ ਨਾਮਿ ਸਮਾਈ ਹੇ ॥੧੧॥ ਦੂਜੈ ਭਾਇ ਫਿਰੈ ਦੇਵਾਨੀ ॥ ਮਾਇਆ ਮੋਹਿ ਦੁਖ ਮਾਹਿ ਸਮਾਨੀ ॥ ਬਹੁਤੇ ਭੇਖ ਕਰੈ ਨਹ ਪਾਏ ਬਿਨੁ ਸਤਿਗੁਰ ਸੁਖੁ ਨ ਪਾਈ ਹੇ ॥੧੨॥ {ਪੰਨਾ ੧੦੪੭}

ਪਦ ਅਰਥ :—ਧਾਤੁ—ਮਾਇਆ । ਮੋਹ ਰਸਿ—ਮੋਹ ਦੇ ਰਸ ਵਿਚ । ਸਾਚੀ ਲਿਵ—ਸਦਾ-ਥਿਰ ਰਹਿਣ ਵਾਲੀ ਲਗਨ । ਸਹਜਿ—ਆਤਮਕ ਅਡੋਲਤਾ ਵਿਚ । ਆਪੇ—(ਪ੍ਰਭੂ) ਆਪ ਹੀ । ਕਰਿ—ਕਰ ਕੇ ।੯।

ਇਕਿ—{ਲਫ਼ਜ਼ 'ਇਕ' ਤੋਂ ਬਹੁ-ਵਚਨ} । ਇਕਿ ਜਨ—ਕਈ ਮਨੁੱਖ । ਇਕਿ ਅਭਾਗੇ—ਕਈ ਬਦ-ਕਿਸਮਤ ਜੀਵ । ਮੋਹਿ—ਮੋਹ ਵਿਚ । ਕਰਣਾ ਨ ਜਾਈ—ਕੀਤਾ ਨਹੀਂ ਜਾ ਸਕਦਾ ।੧੦।

ਕਾਲੁ—ਮੌਤ, ਆਤਮਕ ਮੌਤ । ਸਬਦਿ—ਸ਼ਬਦ ਦੀ ਰਾਹੀਂ । ਨਿਵਾਰੇ—(ਆਪਾ-ਭਾਵ) ਦੂਰ ਕਰਦਾ ਹੈ । ਉਰ—ਹਿਰਦਾ । ਧਾਰੇ ਰਾਖੈ—ਧਾਰਿ ਰਖੈ, ਵਸਾਈ ਰੱਖਦਾ ਹੈ । ਤੇ—ਤੋਂ । ਨਾਮਿ—ਨਾਮ ਵਿਚ । ਕੈ ਨਾਮਿ—ਦੇ ਨਾਮ ਵਿਚ ।੧੧।

ਦੂਜੈ ਭਾਇ—ਮਾਇਆ ਦੇ ਪਿਆਰ ਵਿਚ । ਦੇਵਾਨੀ—ਝੱਲੀ ਹੋਈ ਲੁਕਾਈ । ਮਾਹਿ—ਵਿਚ । ਸਮਾਨੀ—ਗ੍ਰਸੀ ਰਹਿੰਦੀ ਹੈ । ਭੇਖ—ਧਾਰਮਿਕ ਪਹਿਰਾਵੇ ।੧੨।

ਅਰਥ :—ਹੇ ਭਾਈ! ਮਾਇਆ (ਜੀਵ ਨੂੰ) ਹਉਮੈ ਵਿਚ ਮੋਹ ਦੇ ਰਸ ਵਿਚ ਲਾਈ ਰੱਖਦੀ ਹੈ । ਗੁਰੂ ਦੇ ਸਨਮੁਖ ਰਹਿਣ ਵਾਲੇ ਮਨੁੱਖ ਨੂੰ ਪ੍ਰਭੂ-ਚਰਨਾਂ ਦੀ ਸਦਾ-ਥਿਰ ਲਗਨ ਆਤਮਕ ਅਡੋਲਤਾ ਵਿਚ ਟਿਕਾਈ ਰੱਖਦੀ ਹੈ । ਪਰ, ਹੇ ਭਾਈ! ਪ੍ਰਭੂ ਆਪ ਹੀ (ਜੀਵ ਨੂੰ ਆਪਣੇ ਚਰਨਾਂ ਵਿਚ) ਜੋੜਦਾ ਹੈ, ਆਪ ਹੀ ਇਹ ਖੇਲ ਕਰ ਕੇ ਵੇਖ ਰਿਹਾ ਹੈ—ਇਹ ਸਮਝ ਗੁਰੂ ਤੋਂ ਬਿਨਾ ਨਹੀਂ ਪੈਂਦੀ ।੯।

ਹੇ ਭਾਈ! ਕਈ ਐਸੇ ਮਨੁੱਖ ਹਨ ਜਿਹੜੇ ਗੁਰੂ ਦੇ ਸ਼ਬਦ ਨੂੰ ਵਿਚਾਰ ਕੇ (ਮਾਇਆ ਦੇ ਹੱਲਿਆਂ ਵੱਲੋਂ) ਸੁਚੇਤ ਰਹਿੰਦੇ ਹਨ, ਕਈ ਐਸੇ ਮੰਦ-ਭਾਗੀ ਹਨ ਜੋ ਸਦਾ ਮਾਇਆ ਦੇ ਮੋਹ ਵਿਚ ਗ਼ਾਫ਼ਿਲ ਪਏ ਰਹਿੰਦੇ ਹਨ । (ਪਰ, ਜੀਵਾਂ ਦੇ ਕੀਹ ਵੱਸ?) ਪ੍ਰਭੂ ਆਪ ਹੀ (ਸਭ ਵਿਚ ਵਿਆਪਕ ਹੋ ਕੇ ਸਭ ਕੁਝ) ਕਰਦਾ ਹੈ, ਆਪ ਹੀ (ਜੀਵਾਂ ਪਾਸੋਂ) ਕਰਾਂਦਾ ਹੈ (ਉਸ ਦੀ ਰਜ਼ਾ ਦੇ ਵਿਰੁੱਧ) ਹੋਰ ਕੁਝ ਭੀ ਕੀਤਾ ਨਹੀਂ ਜਾ ਸਕਦਾ ।੧੦।

ਹੇ ਭਾਈ! ਜਿਹੜਾ ਮਨੁੱਖ ਗੁਰੂ ਦੇ ਸ਼ਬਦ ਦੀ ਰਾਹੀਂ ਆਤਮਕ ਮੌਤ ਨੂੰ ਮਾਰ ਕੇ (ਆਪਣੇ ਅੰਦਰੋਂ ਆਪਾ-ਭਾਵ) ਦੂਰ ਕਰਦਾ ਹੈ, ਅਤੇ ਪਰਮਾਤਮਾ ਦਾ ਨਾਮ ਆਪਣੇ ਹਿਰਦੇ ਵਿਚ ਵਸਾਈ ਰੱਖਦਾ ਹੈ, ਉਹ ਮਨੁੱਖ ਗੁਰੂ ਦੀ ਸਰਨ ਦੀ ਬਰਕਤਿ ਨਾਲ ਆਤਮਕ ਆਨੰਦ ਮਾਣਦਾ ਹੈ, ਪਰਮਾਤਮਾ ਦੇ ਨਾਮ ਵਿਚ ਸਦਾ ਟਿਕਿਆ ਰਹਿੰਦਾ ਹੈ ।੧੧।

ਹੇ ਭਾਈ! ਜਿਹੜੀ ਜੀਵ-ਇਸਤ੍ਰੀ ਮਾਇਆ ਦੇ ਮੋਹ ਵਿਚ ਝੱਲੀ ਹੋਈ ਭਟਕਦੀ ਫਿਰਦੀ ਹੈ ਉਹ ਮਾਇਆ ਦੇ ਮੋਹ ਵਿਚ ਅਤੇ ਦੁੱਖਾਂ ਵਿਚ ਗ੍ਰਸੀ ਰਹਿੰਦੀ ਹੈ; ਜੇ ਉਹ ਬਹੁਤੇ ਧਾਰਮਿਕ ਪਹਿਰਾਵੇ ਭੀ ਧਾਰਨ ਕਰੇ, ਉਹ ਸੁਖ ਪ੍ਰਾਪਤ ਨਹੀਂ ਕਰ ਸਕਦੀ, ਗੁਰੂ ਦੀ ਸਰਨ ਪੈਣ ਤੋਂ ਬਿਨਾ ਸੁਖ ਨਹੀਂ ਮਿਲਦਾ ।੧੨।

ਕਿਸ ਨੋ ਕਹੀਐ ਜਾ ਆਪਿ ਕਰਾਏ ॥ ਜਿਤੁ ਭਾਵੈ ਤਿਤੁ ਰਾਹਿ ਚਲਾਏ ॥ ਆਪੇ ਮਿਹਰਵਾਨੁ ਸੁਖਦਾਤਾ ਜਿਉ ਭਾਵੈ ਤਿਵੈ ਚਲਾਈ ਹੇ ॥੧੩॥ ਆਪੇ ਕਰਤਾ ਆਪੇ ਭੁਗਤਾ ॥ ਆਪੇ ਸੰਜਮੁ ਆਪੇ ਜੁਗਤਾ ॥ ਆਪੇ ਨਿਰਮਲੁ ਮਿਹਰਵਾਨੁ ਮਧੁਸੂਦਨੁ ਜਿਸ ਦਾ ਹੁਕਮੁ ਨ ਮੇਟਿਆ ਜਾਈ ਹੇ ॥੧੪॥ ਸੇ ਵਡਭਾਗੀ ਜਿਨੀ ਏਕੋ ਜਾਤਾ ॥ ਘਟਿ ਘਟਿ ਵਸਿ ਰਹਿਆ ਜਗਜੀਵਨੁ ਦਾਤਾ ॥ ਇਕਥੈ ਗੁਪਤੁ ਪਰਗਟੁ ਹੈ ਆਪੇ ਗੁਰਮੁਖਿ ਭ੍ਰਮੁ ਭਉ ਜਾਈ ਹੇ ॥੧੫॥ ਗੁਰਮੁਖਿ ਹਰਿ ਜੀਉ ਏਕੋ ਜਾਤਾ ॥ ਅੰਤਰਿ ਨਾਮੁ ਸਬਦਿ ਪਛਾਤਾ ॥ ਜਿਸੁ ਤੂ ਦੇਹਿ ਸੋਈ ਜਨੁ ਪਾਏ ਨਾਨਕ ਨਾਮਿ ਵਡਾਈ ਹੇ ॥੧੬॥੪॥ {ਪੰਨਾ ੧੦੪੭-੧੦੪੮}

ਪਦ ਅਰਥ :—ਕਿਸ ਨੋ—{ਸੰਬੰਧਕ 'ਨੋ' ਦੇ ਕਾਰਨ ਲਫ਼ਜ਼ 'ਕਿਸੁ' ਦਾ ੁ ਉੱਡ ਗਿਆ ਹੈ} । ਜਾ—ਜਦੋਂ । ਜਿਤੁ—ਜਿਸ ਉੱਤੇ । ਜਿਤੁ ਰਾਹਿ—ਜਿਸ ਰਾਹ ਉੱਤੇ । ਤਿਤੁ ਰਾਹਿ—ਉਸ ਰਾਹ ਉਤੇ । ਭਾਵੈ—ਉਸ ਨੂੰ ਚੰਗਾ ਲੱਗਦਾ ਹੈ ।੧੩।

ਕਰਤਾ—ਪੈਦਾ ਕਰਨ ਵਾਲਾ । ਭੁਗਤਾ—(ਜੀਵਾਂ ਵਿਚ ਬੈਠ ਕੇ) ਭੋਗਣ ਵਾਲਾ । ਸੰਜਮੁ—ਪਰਹੇਜ਼, ਸੰਕੋਚ । ਜੁਗਤਾ—(ਸਭ ਪਦਾਰਥਾਂ ਵਿਚ) ਮਿਲਿਆ ਹੋਇਆ । ਮਧੁ ਸੂਦਨੁ—{ਮਧੁ ਦੈਂਤ ਨੂੰ ਮਾਰਨ ਵਾਲਾ, ਦੈਂਤਾਂ ਦਾ ਨਾਸ ਕਰਨ ਵਾਲਾ} ਦੁਸ਼ਟ-ਦਮਨ ਪਰਮਾਤਮਾ । ਜਿਸ ਦਾ—{ਸੰਬੰਧਕ 'ਦਾ' ਦੇ ਕਾਰਨ ਲਫ਼ਜ਼ 'ਜਿਸੁ' ਦਾ ੁ ਉੱਡ ਗਿਆ ਹੈ} ।੧੪।

ਸੇ—ਉਹ {ਬਹੁ-ਵਚਨ} । ਜਿਨੀ—ਜਿਨ੍ਹਾਂ ਨੇ । ਏਕੋ ਜਾਤਾ—ਇਕ ਪਰਮਾਤਮਾ ਨੂੰ ਹੀ (ਵਿਆਪਕ) ਜਾਣਿਆ ਹੈ । ਘਟਿ ਘਟਿ—ਹਰੇਕ ਸਰੀਰ ਵਿਚ । ਇਕਥੈ—ਕਿਸੇ ਥਾਂ ਵਿਚ । ਗੁਪਤੁ—ਲੁਕਿਆ ਹੋਇਆ । ਆਪੇ—ਪ੍ਰਭੂ ਆਪ ਹੀ । ਗੁਰਮੁਖਿ—ਗੁਰੂ ਦੀ ਸਰਨ ਪਿਆਂ ।੧੫।

ਸਬਦਿ—ਗੁਰੂ ਦੇ ਸ਼ਬਦ ਦੀ ਰਾਹੀਂ । ਦੇਹਿ—ਦੇਂਦਾ ਹੈਂ । ਨਾਮਿ—ਨਾਮ ਵਿਚ । ਵਡਾਈ—ਇੱਜ਼ਤ ।੧੬।

ਅਰਥ :—ਹੇ ਭਾਈ! ਜਦੋਂ (ਪਰਮਾਤਮਾ) ਆਪ (ਹੀ ਜੀਵਾਂ ਪਾਸੋਂ ਸਭ ਕੁਝ) ਕਰਾ ਰਿਹਾ ਹੈ, ਤਾਂ ਉਸ ਤੋਂ ਬਿਨਾ ਕਿਸੇ ਹੋਰ ਪਾਸ ਪੁਕਾਰ ਨਹੀਂ ਕੀਤੀ ਜਾ ਸਕਦੀ । ਜਿਸ ਰਾਹ ਉਤੇ ਤੋਰਨਾ ਉਸ ਨੂੰ ਚੰਗਾ ਲੱਗਦਾ ਹੈ ਉਸ ਰਾਹ ਉੱਤੇ ਹੀ (ਜੀਵਾਂ ਨੂੰ) ਤੋਰਦਾ ਹੈ ।੧੩।

ਹੇ ਭਾਈ! ਪਰਮਾਤਮਾ ਆਪ ਹੀ (ਜੀਵਾਂ ਨੂੰ) ਪੈਦਾ ਕਰਨ ਵਾਲਾ ਹੈ, ਆਪ ਹੀ (ਜੀਵਾਂ ਵਿਚ ਬੈਠ ਕੇ ਪਦਾਰਥਾਂ ਨੂੰ) ਭੋਗਣ ਵਾਲਾ ਹੈ । ਪ੍ਰਭੂ ਆਪ ਹੀ (ਪਦਾਰਥਾਂ ਦੇ ਭੋਗਣ ਵੱਲੋਂ) ਪਰਹੇਜ਼ (ਕਰਨ ਵਾਲਾ ਹੈ), ਆਪ ਹੀ ਸਭ ਜੀਵਾਂ ਤੇ ਪਦਾਰਥਾਂ ਵਿਚ ਵਿਆਪਕ ਹੈ । ਉਹ ਆਪ ਹੀ ਪਵਿੱਤਰ ਹੈ, ਆਪ ਹੀ ਦਇਆ ਕਰਨ ਵਾਲਾ ਹੈ, ਆਪ ਹੀ ਵਿਕਾਰੀਆਂ ਦਾ ਨਾਸ ਕਰਨ ਵਾਲਾ ਹੈ, (ਉਹ ਐਸਾ ਹੈ) ਜਿਸ ਦਾ ਹੁਕਮ ਮੋੜਿਆ ਨਹੀਂ ਜਾ ਸਕਦਾ ।੧੪।

ਹੇ ਭਾਈ! ਉਹ ਮਨੁੱਖ ਭਾਗਾਂ ਵਾਲੇ ਹਨ ਜਿਨ੍ਹਾਂ ਨੇ ਉਸ ਇੱਕ ਪਰਮਾਤਮਾ ਨੂੰ (ਹਰ ਥਾਂ) ਜਾਣਿਆ ਹੈ (ਜਿਨ੍ਹਾਂ ਇਹ ਸਮਝਿਆ ਹੈ ਕਿ) ਜਗਤ ਦਾ ਸਹਾਰਾ ਦਾਤਾਰ ਹਰੇਕ ਸਰੀਰ ਵਿਚ ਵੱਸ ਰਿਹਾ ਹੈ । ਕਿਸੇ ਥਾਂ ਉਹ ਲੁਕਿਆ ਹੋਇਆ (ਵੱਸਦਾ) ਹੈ, ਕਿਸੇ ਥਾਂ ਪਰਤੱਖ ਦਿੱਸ ਰਿਹਾ ਹੈ—ਗੁਰੂ ਦੀ ਰਾਹੀਂ (ਇਹ ਨਿਸਚਾ ਕਰ ਕੇ ਮਨੁੱਖ ਦਾ) ਭਰਮ ਤੇ ਡਰ ਦੂਰ ਹੋ ਜਾਂਦਾ ਹੈ (ਫਿਰ ਨਾਹ ਕੋਈ ਵੈਰੀ ਦਿੱਸਦਾ ਹੈ ਤੇ ਨਾ ਹੀ ਕਿਸੇ ਤੋਂ ਡਰ ਆਉਂਦਾ ਹੈ) ।੧੫।

ਹੇ ਭਾਈ! ਗੁਰੂ ਦੇ ਸਨਮੁਖ ਰਹਿਣ ਵਾਲਾ ਮਨੁੱਖ ਇਕ ਪਰਮਾਤਮਾ ਨਾਲ ਹੀ ਡੂੰਘੀ ਸਾਂਝ ਪਾਂਦਾ ਹੈ ਉਸ ਦੇ ਅੰਦਰ ਪ੍ਰਭੂ ਦਾ ਨਾਮ ਵੱਸਦਾ ਹੈ, ਉਹ ਗੁਰੂ ਦੇ ਸ਼ਬਦ ਦੀ ਰਾਹੀਂ ਪਰਮਾਤਮਾ ਨੂੰ (ਹਰ ਥਾਂ) ਪਛਾਣਦਾ ਹੈ ।

ਹੇ ਨਾਨਕ! (ਆਖ—ਹੇ ਪ੍ਰਭੂ!) ਜਿਸ ਮਨੁੱਖ ਨੂੰ ਤੂੰ ਆਪਣਾ ਨਾਮ ਦੇਂਦਾ ਹੈਂ, ਉਹੀ ਮਨੁੱਖ ਤੇਰਾ ਨਾਮ ਪ੍ਰਾਪਤ ਕਰਦਾ ਹੈ । ਨਾਮ ਦੀ ਰਾਹੀਂ ਉਸ ਨੂੰ (ਲੋਕ

ਪਰਲੋਕ ਦੀ) ਇੱਜ਼ਤ ਪ੍ਰਾਪਤ ਹੁੰਦੀ ਹੈ ।੧੬।੪।

ਮਾਰੂ ਮਹਲਾ ੩ ॥ ਸਚੁ ਸਾਲਾਹੀ ਗਹਿਰ ਗੰਭੀਰੈ ॥ ਸਭੁ ਜਗੁ ਹੈ ਤਿਸ ਹੀ ਕੈ ਚੀਰੈ ॥ ਸਭਿ ਘਟ ਭੋਗਵੈ ਸਦਾ ਦਿਨੁ ਰਾਤੀ ਆਪੇ ਸੂਖ ਨਿਵਾਸੀ ਹੇ ॥੧॥ ਸਚਾ ਸਾਹਿਬੁ ਸਚੀ ਨਾਈ ॥ ਗੁਰ ਪਰਸਾਦੀ ਮੰਨਿ ਵਸਾਈ ॥ ਆਪੇ ਆਇ ਵਸਿਆ ਘਟ ਅੰਤਰਿ ਤੂਟੀ ਜਮ ਕੀ ਫਾਸੀ ਹੇ ॥੨॥ ਕਿਸੁ ਸੇਵੀ ਤੈ ਕਿਸੁ ਸਾਲਾਹੀ ॥ ਸਤਿਗੁਰੁ ਸੇਵੀ ਸਬਦਿ ਸਾਲਾਹੀ ॥ ਸਚੈ ਸਬਦਿ ਸਦਾ ਮਤਿ ਊਤਮ ਅੰਤਰਿ ਕਮਲੁ ਪ੍ਰਗਾਸੀ ਹੇ ॥੩॥ ਦੇਹੀ ਕਾਚੀ ਕਾਗਦ ਮਿਕਦਾਰਾ ॥ ਬੂੰਦ ਪਵੈ ਬਿਨਸੈ ਢਹਤ ਨ ਲਾਗੈ ਬਾਰਾ ॥ ਕੰਚਨ ਕਾਇਆ ਗੁਰਮੁਖਿ ਬੂਝੈ ਜਿਸੁ ਅੰਤਰਿ ਨਾਮੁ ਨਿਵਾਸੀ ਹੇ ॥੪॥ {ਪੰਨਾ ੧੦੪੮}

ਪਦ ਅਰਥ :—ਸਚੁ—ਸਦਾ ਕਾਇਮ ਰਹਿਣ ਵਾਲਾ । ਸਾਲਾਹੀ—ਸਾਲਾਹੀਂ, ਮੈਂ ਸਿਫ਼ਤਿ-ਸਾਲਾਹ ਕਰਦਾ ਹਾਂ । ਗਹਿਰ—ਗਹਿਰਾ, ਡੂੰਘਾ, ਅਥਾਹ । ਗੰਭੀਰ—ਵੱਡੇ ਜਿਗਰੇ ਵਾਲਾ । ਤਿਸ ਹੀ—{ਕ੍ਰਿਆ ਵਿਸ਼ੇਸ਼ਣ 'ਹੀ' ਦੇ ਕਾਰਨ ਲਫ਼ਜ਼ 'ਤਿਸੁ' ਦਾ _ ਉੱਡ ਗਿਆ ਹੈ} । ਕੈ ਚੀਰੈ—ਦੇ ਪੱਲੇ ਵਿਚ, ਦੇ ਹੁਕਮ ਵਿਚ । ਸਭਿ—ਸਾਰੇ । ਸਭਿ ਘਟ ਭੋਗਵੈ—ਸਾਰੇ ਸਰੀਰਾਂ ਨੂੰ ਭੋਗ ਰਿਹਾ ਹੈ, ਸਾਰੇ ਸਰੀਰਾਂ ਵਿਚ ਮੌਜੂਦ ਹੈ । ਆਪੇ—ਆਪ ਹੀ । ਸੂਖ ਨਿਵਾਸੀ—ਸੁਖਾਂ ਦਾ ਨਿਵਾਸ-ਅਸਥਾਨ, ਸੁਖਾਂ ਦਾ ਸੋਮਾ ।੧।

ਸਾਹਿਬੁ—ਮਾਲਕ । ਸਚੀ—ਸਦਾ ਕਾਇਮ ਰਹਿਣ ਵਾਲੀ । ਨਾਈ—{Ôਨਾ} ਵਡਿਆਈ । ਪਰਸਾਦੀ—ਪਰਸਾਦਿ, ਕਿਰਪਾ ਨਾਲ । ਮੰਨਿ—ਮਨਿ, ਮਨ ਵਿਚ । ਵਸਾਈ—ਵਸਾਇਆ ਜਾ ਸਕਦਾ ਹੈ । ਘਟ ਅੰਤਰਿ—ਹਿਰਦੇ ਵਿਚ । ਜਮ ਕੀ ਫਾਸੀ—ਮੌਤ ਦੀ ਫਾਹੀ, ਜਨਮ-ਮਰਨ ਦਾ ਗੇੜ ।੨।

ਸੇਵੀ—ਸੇਵੀਂ, ਮੈਂ ਸੇਵਾਂ, ਮੈਂ ਸਰਨ ਪਵਾਂ । ਤੈ—ਅਤੇ । ਸਾਲਾਹੀ—ਸਾਲਾਹੀਂ, ਮੈਂ ਸਾਲਾਹਾਂ । ਸਬਦਿ—ਗੁਰੂ ਦੇ ਸ਼ਬਦ ਦੀ ਰਾਹੀਂ । ਸਚੈ ਸਬਦਿ—ਸਦਾ-ਥਿਰ ਪ੍ਰਭੂ ਦੀ ਸਿਫ਼ਤਿ-ਸਾਲਾਹ ਦੀ ਬਾਣੀ ਨਾਲ । ਕਮਲੁ—ਹਿਰਦਾ-ਕੌਲ ਫੁੱਲ । ਪ੍ਰਗਾਸੀ—ਖਿੜਿਆ ਰਹਿੰਦਾ ਹੈ ।੩।

ਦੇਹੀ—ਸਰੀਰ । ਕਾਚੀ—ਨਾਸਵੰਤ । ਕਾਗਦ ਮਿਕਦਾਰਾ—ਕਾਗ਼ਜ਼ ਵਾਂਗ । ਬਾਰਾ—ਚਿਰ । ਕੰਚਨ—ਸੋਨਾ, ਸੋਨੇ ਵਾਂਗ ਸੋਹਣਾ ਅਰੋਗ । ਕਾਇਆ—ਸਰੀਰ । ਗੁਰਮੁਖਿ—ਗੁਰੂ ਦੀ ਰਾਹੀਂ ।੪।

ਅਰਥ :—ਹੇ ਭਾਈ! ਮੈਂ ਤਾਂ ਉਸ ਅਥਾਹ ਤੇ ਵੱਡੇ ਜਿਗਰੇ ਵਾਲੇ ਪਰਮਾਤਮਾ ਦੀ ਸਿਫ਼ਤਿ-ਸਾਲਾਹ ਕਰਦਾ ਹਾਂ ਜੋ ਸਦਾ ਕਾਇਮ ਰਹਿਣ ਵਾਲਾ ਹੈ, ਸਾਰਾ ਜਗਤ ਜਿਸ ਦੇ ਹੁਕਮ ਵਿਚ ਤੁਰ ਰਿਹਾ ਹੈ, ਜੋ ਸਾਰੇ ਸਰੀਰਾਂ ਵਿਚ ਮੌਜੂਦ ਹੈ ਅਤੇ ਜੋ ਆਪ ਹੀ ਸਾਰੇ ਸੁਖਾਂ ਦਾ ਸੋਮਾ ਹੈ ।੧।

ਹੇ ਭਾਈ! ਮਾਲਕ-ਪ੍ਰਭੂ ਸਦਾ ਕਾਇਮ ਰਹਿਣ ਵਾਲਾ ਹੈ, ਉਸ ਦੀ ਵਡਿਆਈ ਭੀ ਸਦਾ ਕਾਇਮ ਰਹਿਣ ਵਾਲੀ ਹੈ । ਗੁਰੂ ਦੀ ਕਿਰਪਾ ਨਾਲ ਉਸ ਨੂੰ ਮਨ ਵਿਚ ਵਸਾਇਆ ਜਾ ਸਕਦਾ ਹੈ । ਜਿਸ ਮਨੁੱਖ ਦੇ ਹਿਰਦੇ ਵਿਚ ਪ੍ਰਭੂ ਆਪੇ ਹੀ (ਮਿਹਰ ਕਰ ਕੇ) ਆ ਵੱਸਦਾ ਹੈ, ਉਸ ਦਾ ਜਨਮ ਮਰਨ ਦਾ ਗੇੜ ਮੁੱਕ ਜਾਂਦਾ ਹੈ ।੨।

(ਹੇ ਭਾਈ! ਜੇ ਤੂੰ ਪੁੱਛੇਂ ਕਿ) ਮੈਂ ਕਿਸ ਦੀ ਸੇਵਾ ਕਰਦਾ ਹਾਂ ਅਤੇ ਕਿਸ ਦੀ ਸਿਫ਼ਤਿ-ਸਾਲਾਹ ਕਰਦਾ ਹਾਂ (ਤਾਂ ਇਸ ਦਾ ਉੱਤਰ ਇਹ ਹੈ ਕਿ) ਮੈਂ ਸਦਾ ਗੁਰੂ ਦੀ ਸਰਨ ਪਿਆ ਰਹਿੰਦਾ ਹਾਂ ਅਤੇ ਗੁਰੂ ਦੇ ਸ਼ਬਦ ਦੀ ਰਾਹੀਂ (ਪਰਮਾਤਮਾ ਦੀ) ਸਿਫ਼ਤਿ-ਸਾਲਾਹ ਕਰਦਾ ਹਾਂ । ਹੇ ਭਾਈ! ਸਦਾ-ਥਿਰ ਪ੍ਰਭੂ ਦੀ ਸਿਫ਼ਤਿ-ਸਾਲਾਹ ਦੀ ਬਾਣੀ ਦੀ ਬਰਕਤਿ ਨਾਲ ਮਨੁੱਖ ਦੀ ਬੁੱਧੀ ਸਦਾ ਸ੍ਰੇਸ਼ਟ ਰਹਿੰਦੀ ਹੈ ਅਤੇ ਮਨੁੱਖ ਦੇ ਅੰਦਰ ਉਸ ਦਾ ਹਿਰਦਾ-ਕੌਲ ਫੁੱਲ ਖਿੜਿਆ ਰਹਿੰਦਾ ਹੈ ।੩।

ਹੇ ਭਾਈ! ਮਨੁੱਖ ਦਾ ਇਹ ਸਰੀਰ ਕਾਗ਼ਜ਼ ਵਾਂਗ ਨਾਸਵੰਤ ਹੈ, (ਜਿਵੇਂ ਕਾਗ਼ਜ਼ ਉਤੇ ਪਾਣੀ ਦੀ ਇਕ) ਬੂੰਦ ਪੈ ਜਾਏ ਤਾਂ (ਕਾਗ਼ਜ਼) ਗਲ ਜਾਂਦਾ ਹੈ (ਇਸੇ ਤਰ੍ਹਾਂ ਇਸ ਸਰੀਰ ਦਾ) ਨਾਸ ਹੁੰਦਿਆਂ ਭੀ ਚਿਰ ਨਹੀਂ ਲੱਗਦਾ । ਪਰ ਜਿਹੜਾ ਮਨੁੱਖ ਗੁਰੂ ਦੇ ਸਨਮੁਖ ਹੋ ਕੇ (ਸਹੀ ਜੀਵਨ-ਰਾਹ) ਸਮਝ ਲੈਂਦਾ ਹੈ ਜਿਸ ਦੇ ਅੰਦਰ ਪਰਮਾਤਮਾ ਦਾ ਨਾਮ ਵੱਸ ਪੈਂਦਾ ਹੈ, ਉਸ ਦਾ ਇਹ ਸਰੀਰ (ਵਿਕਾਰਾਂ ਤੋਂ ਬਚਿਆ ਰਹਿ ਕੇ) ਸੁੱਧ ਸੋਨਾ ਬਣਿਆ ਰਹਿੰਦਾ ਹੈ ।੪।

ਸਚਾ ਚਉਕਾ ਸੁਰਤਿ ਕੀ ਕਾਰਾ ॥ ਹਰਿ ਨਾਮੁ ਭੋਜਨੁ ਸਚੁ ਆਧਾਰਾ ॥ ਸਦਾ ਤ੍ਰਿਪਤਿ ਪਵਿਤ੍ਰੁ ਹੈ ਪਾਵਨੁ ਜਿਤੁ ਘਟਿ ਹਰਿ ਨਾਮੁ ਨਿਵਾਸੀ ਹੇ ॥੫॥ ਹਉ ਤਿਨ ਬਲਿਹਾਰੀ ਜੋ ਸਾਚੈ ਲਾਗੇ ॥ ਹਰਿ ਗੁਣ ਗਾਵਹਿ ਅਨਦਿਨੁ ਜਾਗੇ ॥ ਸਾਚਾ ਸੂਖੁ ਸਦਾ ਤਿਨ ਅੰਤਰਿ ਰਸਨਾ ਹਰਿ ਰਸਿ ਰਾਸੀ ਹੇ ॥੬॥ ਹਰਿ ਨਾਮੁ ਚੇਤਾ ਅਵਰੁ ਨ ਪੂਜਾ ॥ ਏਕੋ ਸੇਵੀ ਅਵਰੁ ਨ ਦੂਜਾ ॥ ਪੂਰੈ ਗੁਰਿ ਸਭੁ ਸਚੁ ਦਿਖਾਇਆ ਸਚੈ ਨਾਮਿ ਨਿਵਾਸੀ ਹੇ ॥੭॥ ਭ੍ਰਮਿ ਭ੍ਰਮਿ ਜੋਨੀ ਫਿਰਿ ਫਿਰਿ ਆਇਆ ॥ ਆਪਿ ਭੂਲਾ ਜਾ ਖਸਮਿ ਭੁਲਾਇਆ ॥ ਹਰਿ ਜੀਉ ਮਿਲੈ ਤਾ ਗੁਰਮੁਖਿ ਬੂਝੈ ਚੀਨੈ ਸਬਦੁ ਅਬਿਨਾਸੀ ਹੇ ॥੮॥ {ਪੰਨਾ ੧੦੪੮}

ਪਦ ਅਰਥ :—ਸਚਾ—ਸਦਾ (ਪਵਿੱਤਰ) ਰਹਿਣ ਵਾਲਾ । ਕਾਰਾ—ਕਾਰਾਂ, ਲਕੀਰਾਂ । ਭੋਜਨੁ—ਖ਼ੁਰਾਕ । ਸਚੁ—ਸਦਾ-ਥਿਰ ਪ੍ਰਭੂ । ਆਧਾਰਾ—ਆਸਰਾ, ਸਹਾਰਾ । ਤ੍ਰਿਪਤਿ—ਰੱਜ, ਸੰਤੋਖ । ਪਾਵਨੁ—ਪਵਿੱਤਰ । ਜਿਤੁ—ਜਿਸ ਵਿਚ । ਘਟਿ—ਹਿਰਦੇ ਵਿਚ । ਜਿਤੁ ਘਟਿ—ਜਿਸ ਹਿਰਦੇ ਵਿਚ ।੫।

ਹਉ—ਮੈਂ । ਤਿਨ—ਉਹਨਾਂ ਤੋਂ । ਸਾਚੈ—ਸਦਾ-ਥਿਰ ਪ੍ਰਭੂ ਵਿਚ । ਗਾਵਹਿ—{ਬਹੁ-ਵਚਨ} ਗਾਂਦੇ ਹਨ । ਅਨਦਿਨੁ—ਹਰ ਰੋਜ਼, ਹਰ ਵੇਲੇ । ਜਾਗੇ—ਜਾਗਿ, (ਮਾਇਆ ਦੇ ਹੱਲਿਆਂ ਵਲੋਂ) ਸੁਚੇਤ ਰਹਿ ਕੇ । ਅੰਤਰਿ—ਅੰਦਰ । ਰਸਨਾ—ਜੀਭ । ਰਸਿ—ਰਸ ਵਿਚ । ਰਾਸੀ—ਰਸੀ ਹੋਈ, ਭਿੱਜੀ ਹੋਈ ।੬।

ਚੇਤਾ—ਚੇਤਾਂ, ਮੈਂ ਚੇਤੇ ਕਰਦਾ ਹਾਂ । ਪੂਜਾ—ਪੂਜਾਂ, ਮੈਂ ਪੂਜਦਾ ਹਾਂ । ਸੇਵੀ—ਸੇਵੀਂ, ਮੈਂ ਸੇਂਵਦਾ ਹਾਂ । ਪੂਰੇ ਗੁਰਿ—ਪੂਰੇ ਗੁਰੂ ਨੇ । ਸਭੁ—ਹਰ ਥਾਂ । ਸਚੈ ਨਾਮਿ—ਸਦਾ-ਥਿਰ ਪ੍ਰਭੂ ਦੇ ਨਾਮ ਵਿਚ ।੭।

ਭ੍ਰਮਿ ਭ੍ਰਮਿ—ਭਟਕ ਭਟਕ ਕੇ । ਫਿਰਿ ਫਿਰਿ—ਮੁੜ ਮੁੜ । ਖਸਮਿ—ਖਸਮ ਨੇ । ਭੂਲਾ—ਕੁਰਾਹੇ ਪੈ ਗਿਆ । ਭੁਲਾਇਆ—ਕੁਰਾਹੇ ਪਾ ਦਿੱਤਾ । ਜਾ—ਜਾਂ, ਜਦੋਂ । ਤਾ—ਤਾਂ, ਤਦੋਂ । ਗੁਰਮੁਖਿ—ਗੁਰੂ ਦੀ ਰਾਹੀਂ । ਚੀਨੈ—ਪਰਖਦਾ ਹੈ ।੮।

ਅਰਥ :—ਹੇ ਭਾਈ! ਜਿਸ ਹਿਰਦੇ ਵਿਚ ਪਰਮਾਤਮਾ ਦਾ ਨਾਮ ਸਦਾ ਵੱਸਦਾ ਹੈ, ਉਹ ਹਿਰਦਾ (ਮਾਇਆ ਦੀ ਤ੍ਰਿਸ਼ਨਾ ਵੱਲੋਂ) ਰੱਜਿਆ ਰਹਿੰਦਾ ਹੈ, ਉਹ ਹਿਰਦਾ ਸਦਾ ਪਵਿੱਤਰ ਹੈ, ਉਹ ਹਿਰਦਾ ਹੀ ਸਦਾ (ਸੁੱਚਾ) ਰਹਿਣ ਵਾਲਾ ਚੌਂਕਾ ਹੈ, ਪ੍ਰਭੂ-ਚਰਨਾਂ ਵਿਚ ਬਣੀ ਹੋਈ ਲਗਨ ਉਸ ਚੌਂਕੇ ਦੀਆਂ ਲਕੀਰਾਂ ਹਨ (ਜੋ ਵਿਕਾਰਾਂ ਨੂੰ, ਬਾਹਰੋਂ ਆ ਕੇ ਚੌਂਕਾ ਭਿੱਟਣ ਤੋਂ ਰੋਕਦੀਆਂ ਹਨ) । ਅਜਿਹੇ ਹਿਰਦੇ ਦੀ ਖ਼ੁਰਾਕ ਪਰਮਾਤਮਾ ਦਾ ਨਾਮ ਹੈ, ਸਦਾ-ਥਿਰ ਪਰਮਾਤਮਾ ਹੀ ਉਸ ਹਿਰਦੇ ਦੀ ਖ਼ੁਰਾਕ ਪਰਮਾਤਮਾ ਹੈ ।੫।

ਹੇ ਭਾਈ! ਮੈਂ ਉਹਨਾਂ ਮਨੁੱਖਾਂ ਤੋਂ ਕੁਰਬਾਨ ਜਾਂਦਾ ਹਾਂ, ਜਿਹੜੇ ਸਦਾ ਕਾਇਮ ਰਹਿਣ ਵਾਲੇ ਪਰਮਾਤਮਾ ਵਿਚ ਜੁੜੇ ਰਹਿੰਦੇ ਹਨ, ਜਿਹੜੇ ਹਰ ਵੇਲੇ (ਮਾਇਆ ਦੇ ਹੱਲਿਆਂ ਵੱਲੋਂ) ਸੁਚੇਤ ਰਹਿ ਕੇ ਪਰਮਾਤਮਾ ਦੇ ਗੁਣ ਗਾਂਦੇ ਰਹਿੰਦੇ ਹਨ । ਉਹਨਾਂ ਦੇ ਅੰਦਰ ਸਦਾ ਟਿਕਿਆ ਰਹਿਣ ਵਾਲਾ ਆਨੰਦ ਬਣਿਆ ਰਹਿੰਦਾ ਹੈ, ਉਹਨਾਂ ਦੀ ਜੀਭ ਪ੍ਰਭੂ ਦੇ ਨਾਮ-ਰਸ ਵਿਚ ਰਸੀ ਰਹਿੰਦੀ ਹੈ ।੬।

ਹੇ ਭਾਈ! ਮੈਂ ਤਾਂ ਪਰਮਾਤਮਾ ਦਾ ਨਾਮ (ਹੀ) ਸਦਾ ਯਾਦ ਕਰਦਾ ਹਾਂ, ਮੈਂ ਕਿਸੇ ਹੋਰ ਦੀ ਪੂਜਾ ਨਹੀਂ ਕਰਦਾ । ਮੈਂ ਇਕ ਪਰਮਤਮਾ ਦੀ ਹੀ ਸੇਵਾ-ਭਗਤੀ ਕਰਦਾ ਹਾਂ; ਕਿਸੇ ਹੋਰ ਦੂਜੇ ਦੀ ਸੇਵਾ ਮੈਂ ਨਹੀਂ ਕਰਦਾ । ਹੇ ਭਾਈ! (ਜਿਸ ਮਨੁੱਖ ਨੂੰ) ਪੂਰੇ ਗੁਰੂ ਨੇ ਸਦਾ ਕਾਇਮ ਰਹਿਣ ਵਾਲਾ ਹਰੀ ਪਰਮਾਤਮਾ ਹਰ ਥਾਂ ਵਿਖਾ ਦਿੱਤਾ, ਉਹ ਸਦਾ-ਥਿਰ ਪ੍ਰਭੂ ਦੇ ਨਾਮ ਵਿਚ ਲੀਨ ਰਹਿੰਦਾ ਹੈ ।੭।

ਹੇ ਭਾਈ! ਜੀਵ ਭਟਕ ਭਟਕ ਕੇ ਮੁੜ ਮੁੜ ਜੂਨਾਂ ਵਿਚ ਪਿਆ ਰਹਿੰਦਾ ਹੈ, (ਜੀਵ ਦੇ ਕੀਹ ਵੱਸ?) ਜਦੋਂ ਮਾਲਕ-ਪ੍ਰਭੂ ਨੇ ਇਸ ਨੂੰ ਕੁਰਾਹੇ ਪਾ ਦਿੱਤਾ, ਤਾਂ ਇਹ ਜੀਵ ਭੀ ਕੁਰਾਹੇ ਪੈ ਗਿਆ । ਹੇ ਭਾਈ! ਜਦੋਂ ਪਰਮਾਤਮਾ ਇਸ ਨੂੰ ਮਿਲਦਾ ਹੈ (ਇਸ ਉਤੇ ਦਇਆ ਕਰਦਾ ਹੈ) ਤਦੋਂ ਗੁਰੂ ਦੀ ਸਰਨ ਪੈ ਕੇ ਇਹ (ਸਹੀ ਜੀਵਨ-ਰਾਹ) ਸਮਝਦਾ ਹੈ, ਤਦੋਂ ਅਬਿਨਾਸੀ ਪ੍ਰਭੂ ਦੀ ਸਿਫ਼ਤਿ-ਸਾਲਾਹ ਦੀ ਬਾਣੀ ਨੂੰ (ਆਪਣੇ ਹਿਰਦੇ ਵਿਚ) ਤੋਲਦਾ ਹੈ ।੮।

ਕਾਮਿ ਕ੍ਰੋਧਿ ਭਰੇ ਹਮ ਅਪਰਾਧੀ ॥ ਕਿਆ ਮੁਹੁ ਲੈ ਬੋਲਹ, ਨਾ ਹਮ ਗੁਣ ਨ ਸੇਵਾ ਸਾਧੀ ॥ ਡੁਬਦੇ ਪਾਥਰ ਮੇਲਿ ਲੈਹੁ ਤੁਮ ਆਪੇ, ਸਾਚੁ ਨਾਮੁ ਅਬਿਨਾਸੀ ਹੇ ॥੯॥ ਨਾ ਕੋਈ ਕਰੇ ਨ ਕਰਣੈ ਜੋਗਾ ॥ ਆਪੇ ਕਰਹਿ ਕਰਾਵਹਿ ਸੁ ਹੋਇਗਾ ॥ ਆਪੇ ਬਖਸਿ ਲੈਹਿ ਸੁਖੁ ਪਾਏ ਸਦ ਹੀ ਨਾਮਿ ਨਿਵਾਸੀ ਹੇ ॥੧੦॥ ਇਹੁ ਤਨੁ ਧਰਤੀ ਸਬਦੁ ਬੀਜਿ ਅਪਾਰਾ ॥ ਹਰਿ ਸਾਚੇ ਸੇਤੀ ਵਣਜੁ ਵਾਪਾਰਾ ॥ ਸਚੁ ਧਨੁ ਜੰਮਿਆ ਤੋਟਿ ਨ ਆਵੈ ਅੰਤਰਿ ਨਾਮੁ ਨਿਵਾਸੀ ਹੇ ॥੧੧॥ ਹਰਿ ਜੀਉ ਅਵਗਣਿਆਰੇ ਨੋ ਗੁਣੁ ਕੀਜੈ ॥ ਆਪੇ ਬਖਸਿ ਲੈਹਿ ਨਾਮੁ ਦੀਜੈ ॥ ਗੁਰਮੁਖਿ ਹੋਵੈ ਸੋ ਪਤਿ ਪਾਏ ਇਕਤੁ ਨਾਮਿ ਨਿਵਾਸੀ ਹੇ ॥੧੨॥ {ਪੰਨਾ ੧੦੪੮}

ਪਦ ਅਰਥ :—ਕਾਮਿ—ਕਾਮ (ਦੇ ਚਿੱਕੜ) ਨਾਲ । ਕ੍ਰੋਧਿ—ਕ੍ਰੋਧ (ਦੇ ਚਿੱਕੜ) ਨਾਲ । ਭਰੇ—ਲਿੱਬੜੇ ਹੋਏ । ਅਪਰਾਧੀ—ਭੁੱਲਣਹਾਰ । ਬੋਲਹ—ਅਸੀ ਬੋਲੀਏ । ਲੈ—ਲੈ ਕੇ । ਕਿਆ ਮੁਹੁ ਲੈ—ਕਿਹੜਾ ਮੂੰਹ ਲੈ ਕੇ? ਕਿਸ ਮੂੰਹ ਨਾਲ? ਸਾਧੀ—ਕੀਤੀ । ਤੁਮ ਆਪੇ—ਤੂੰ ਆਪ ਹੀ । ਸਾਚੁ—ਸਦਾ-ਥਿਰ ।੯।

ਕਰਣੈ ਜੋਗਾ—ਕਰ ਸਕਣ ਦੀ ਸਮਰਥਾ ਵਾਲਾ । ਆਪੇ ਕਰਹਿ—ਤੂੰ ਆਪ ਹੀ ਕਰਦਾ ਹੈਂ । ਬਖਸਿ ਲੈਹਿ—ਜਿਸ ਉੱਤੇ ਤੂ ਦਇਆਵਾਨ ਹੁੰਦਾ ਹੈਂ । ਨਾਮਿ—ਨਾਮ ਵਿਚ । ਨਿਵਾਸੀ—ਨਿਵਾਸ ਰੱਖਣ ਵਾਲਾ ।੧੦।

ਸਬਦੁ ਅਪਾਰਾ—ਬੇਅੰਤ ਪ੍ਰਭੂ ਦੀ ਸਿਫ਼ਤਿ-ਸਾਲਾਹ (ਦਾ ਬੀਜਿ) । ਬੀਜ—{ਕ੍ਰਿਆ} । ਸੇਤੀ—ਨਾਲ । ਸਚੁ ਧਨੁ—ਸਦਾ ਕਾਇਮ ਰਹਿਣ ਵਾਲਾ (ਨਾਮ-) ਧਨ । ਜੰਮਿਆ—ਉੱਗ ਪਿਆ, ਪੈਦਾ ਹੋ ਗਿਆ । ਤੋਟਿ—ਕਮੀ । ਅੰਤਰਿ—ਅੰਦਰ ।੧੧।

ਹਰਿ ਜੀਉ—ਹੇ ਪ੍ਰਭੂ! ਨੋ—ਨੂੰ । ਗੁਰਮੁਖਿ—ਗੁਰੂ ਦੇ ਸਨਮੁਖ । ਸੋ—ਉਹ ਮਨੁੱਖ । ਪਤਿ—ਇੱਜ਼ਤ । ਇਕਤੁ—ਇੱਕ ਵਿਚ । ਨਾਮਿ—ਨਾਮ ਵਿਚ । ਇਕਤੁ ਨਾਮਿ—ਸਿਰਫ਼ ਇੱਕ ਨਾਮ ਵਿਚ ।੧੨।

ਅਰਥ :—ਹੇ ਪ੍ਰਭੂ! ਅਸੀ ਭੁੱਲਣਹਾਰ ਜੀਵ ਕਾਮ ਕ੍ਰੋਧ (ਦੇ ਚਿੱਕੜ) ਨਾਲ ਲਿੱਬੜੇ ਰਹਿੰਦੇ ਹਾਂ । ਤੇਰੇ ਅੱਗੇ ਅਰਜ਼ ਕਰਦਿਆਂ ਭੀ ਸ਼ਰਮ ਆਉਂਦੀ ਹੈ । ਨਾਹ ਸਾਡੇ ਅੰਦਰ ਕੋਈ ਗੁਣ ਹਨ, ਨਾਹ ਅਸਾਂ ਕੋਈ ਸੇਵਾ-ਭਗਤੀ ਕੀਤੀ ਹੈ । (ਪਰ ਤੂੰ ਸਦਾ ਦਇਆਲ ਹੈਂ, ਮਿਹਰ ਕਰ) ਤੂੰ ਆਪ ਹੀ ਸਾਨੂੰ ਡੁੱਬ ਰਹੇ ਪੱਥਰਾਂ ਨੂੰ (ਵਿਕਾਰਾਂ ਵਿਚ ਡੁੱਬ ਰਹੇ ਪੱਥਰ-ਦਿਲਾਂ ਨੂੰ) ਆਪਣੇ ਨਾਮ ਵਿਚ ਲਾ ਲੈ । ਤੇਰਾ ਨਾਮ ਹੀ ਸਦਾ ਅਟੱਲ ਹੈ ਤੇ ਨਾਸ-ਰਹਿਤ ਹੈ ।੯।

ਹੇ ਪ੍ਰਭੂ! (ਤੇਰੀ ਪ੍ਰੇਰਨਾ ਤੋਂ ਬਿਨਾ) ਕੋਈ ਭੀ ਜੀਵ ਕੁਝ ਨਹੀਂ ਕਰਦਾ, ਕਰਨ ਦੀ ਸਮਰਥਾ ਭੀ ਨਹੀਂ ਰੱਖਦਾ । ਜਗਤ ਵਿਚ ਉਹੀ ਕੁਝ ਹੋ ਸਕਦਾ ਹੈ ਜੋ ਤੂੰ ਆਪ ਹੀ ਕਰਦਾ ਹੈਂ ਤੇ (ਜੀਵਾਂ ਪਾਸੋਂ) ਕਰਾਂਦਾ ਹੈਂ । ਜਿਸ ਮਨੁੱਖ ਉਤੇ ਤੂੰ ਆਪ ਹੀ ਦਇਆਵਾਨ ਹੁੰਦਾ ਹੈਂ, ਉਹ ਆਤਮਕ ਆਨੰਦ ਮਾਣਦਾ ਹੈ ਅਤੇ ਸਦਾ ਹੀ ਤੇਰੇ ਨਾਮ ਵਿਚ ਲੀਨ ਰਹਿੰਦਾ ਹੈ ।੧੦।

ਹੇ ਭਾਈ! (ਆਪਣੇ) ਇਸ ਸਰੀਰ ਨੂੰ ਧਰਤੀ ਬਣਾ, ਇਸ ਵਿਚ ਬੇਅੰਤ ਪ੍ਰਭੂ ਦੀ ਸਿਫ਼ਤਿ-ਸਾਲਾਹ ਦਾ ਬੀਜ ਪਾ । ਸਦਾ-ਥਿਰ ਰਹਿਣ ਵਾਲੇ ਪਰਮਾਤਮਾ ਨਾਲ ਹੀ (ਉਸ ਦੇ ਨਾਮ ਦਾ) ਵਣਜ ਵਪਾਰ ਕਰਿਆ ਕਰ । (ਇਸ ਤਰ੍ਹਾਂ) ਸਦਾ ਕਾਇਮ ਰਹਿਣ ਵਾਲਾ (ਨਾਮ-) ਧਨ ਪੈਦਾ ਹੁੰਦਾ ਹੈ, ਉਸ ਵਿਚ ਕਦੇ ਕਮੀ ਨਹੀਂ ਹੁੰਦੀ । (ਜਿਹੜਾ ਮਨੁੱਖ ਇਹ ਉੱਦਮ ਕਰਦਾ ਹੈ, ਉਸ ਦੇ) ਅੰਦਰ ਪਰਮਾਤਮਾ ਦਾ ਨਾਮ ਸਦਾ ਵੱਸਿਆ ਰਹਿੰਦਾ ਹੈ ।੧੧।

ਹੇ ਪ੍ਰਭੂ ਜੀ! ਗੁਣ-ਹੀਨ ਜੀਵ ਵਿਚ ਗੁਣ ਪੈਦਾ ਕਰ, ਤੂੰ ਆਪ ਹੀ ਮਿਹਰ ਕਰ ਤੇ ਇਸ ਨੂੰ ਆਪਣਾ ਨਾਮ ਬਖ਼ਸ਼ । ਹੇ ਭਾਈ! ਜਿਹੜਾ ਮਨੁੱਖ ਗੁਰੂ ਦੇ ਸਨਮੁਖ ਹੁੰਦਾ ਹੈ, ਉਹ (ਲੋਕ ਪਰਲੋਕ ਵਿਚ) ਇੱਜ਼ਤ ਖੱਟਦਾ ਹੈ; ਉਹ ਸਦਾ ਪ੍ਰਭੂ ਦੇ ਨਾਮ ਵਿਚ ਹੀ ਲੀਨ ਰਹਿੰਦਾ ਹੈ ।੧੨।

ਅੰਤਰਿ ਹਰਿ ਧਨੁ ਸਮਝ ਨ ਹੋਈ ॥ ਗੁਰ ਪਰਸਾਦੀ ਬੂਝੈ ਕੋਈ ॥ ਗੁਰਮੁਖਿ ਹੋਵੈ ਸੋ ਧਨੁ ਪਾਏ ਸਦ ਹੀ ਨਾਮਿ ਨਿਵਾਸੀ ਹੇ ॥੧੩॥ ਅਨਲ ਵਾਉ ਭਰਮਿ ਭੁਲਾਈ ॥ ਮਾਇਆ ਮੋਹਿ ਸੁਧਿ ਨ ਕਾਈ ॥ ਮਨਮੁਖ ਅੰਧੇ ਕਿਛੂ ਨ ਸੂਝੈ ਗੁਰਮਤਿ ਨਾਮੁ ਪ੍ਰਗਾਸੀ ਹੇ ॥੧੪॥ ਮਨਮੁਖ ਹਉਮੈ ਮਾਇਆ ਸੂਤੇ ॥ ਅਪਣਾ ਘਰੁ ਨ ਸਮਾਲਹਿ ਅੰਤਿ ਵਿਗੂਤੇ ॥ ਪਰ ਨਿੰਦਾ ਕਰਹਿ ਬਹੁ ਚਿੰਤਾ ਜਾਲੈ ਦੁਖੇ ਦੁਖਿ ਨਿਵਾਸੀ ਹੇ ॥੧੫॥ ਆਪੇ ਕਰਤੈ ਕਾਰ ਕਰਾਈ ॥ ਆਪੇ ਗੁਰਮੁਖਿ ਦੇਇ ਬੁਝਾਈ ॥ ਨਾਨਕ ਨਾਮਿ ਰਤੇ ਮਨੁ ਨਿਰਮਲੁ ਨਾਮੇ ਨਾਮਿ ਨਿਵਾਸੀ ਹੇ ॥੧੬॥੫॥ {ਪੰਨਾ ੧੦੪੮-੧੦੪੯}

ਪਦ ਅਰਥ :—ਅੰਤਰਿ—ਹਿਰਦੇ ਵਿਚ । ਪਰਸਾਦੀ—ਪਰਸਾਦਿ, ਕਿਰਪਾ ਨਾਲ । ਕੋਈ—ਕੋਈ ਵਿਰਲਾ । ਗੁਰਮੁਖਿ—ਗੁਰੂ ਦੇ ਸਨਮੁਖ । ਪਾਏ—ਲੱਭ ਲੈਂਦਾ ਹੈ । ਸਦ—ਸਦਾ । ਨਾਮਿ—ਨਾਮ ਵਿਚ ।੧੩।

ਅਨਲ—ਅੱਗ, ਤ੍ਰਿਸ਼ਨਾ ਦੀ ਅੱਗ । ਵਾਉ—ਹਵਾ, ਝੱਖੜ, ਤ੍ਰਿਸ਼ਨਾ ਦਾ ਝੱਖੜ । ਭਰਮਿ—ਭਟਕਣਾ ਵਿਚ । ਭੁਲਾਈ—ਕੁਰਾਹੇ ਪੈ ਜਾਂਦਾ ਹੈ । ਮੋਹਿ—ਮੋਹ ਦੇ ਕਾਰਨ । ਸੁਧਿ—ਸੂਝ, ਆਤਮਕ ਜੀਵਨ ਦੀ ਸੂਝ । ਕਾਈ—ਰਤਾ ਭਰ ਭੀ । ਮਨਮੁਖ—ਮਨ ਦੇ ਮੁਰੀਦ ਨੂੰ । ਗੁਰਮਤਿ—ਗੁਰੂ ਦੀ ਮਤਿ ਤੇ ਤੁਰਿਆਂ ।੧੪।

ਮਨਮੁਖ—ਆਪਣੇ ਮਨ ਦੇ ਪਿੱਛੇ ਤੁਰਨ ਵਾਲੇ ਮਨੁੱਖ । ਸੂਤੇ—ਗ਼ਾਫ਼ਿਲ ਹੋਏ ਰਹਿੰਦੇ ਹਨ । ਨ ਸਮਾਲਹਿ—ਸੰਭਾਲਦੇ ਨਹੀਂ । ਵਿਕਾਰਾਂ ਤੋਂ ਨਹੀਂ ਬਚਾਂਦੇ । ਘਰੁ—ਹਿਰਦਾ-ਘਰ । ਅੰਤਿ—ਆਖ਼ਿਰ । ਵਿਗੂਤੇ—ਖ਼ੁਆਰ ਹੁੰਦੇ ਹਨ । ਪਰ—ਪਰਾਈ । ਕਰਹਿ—ਕਰਦੇ ਹਨ {ਬਹੁ-ਵਚਨ} । ਜਾਲੈ—ਸਾੜਦੀ ਹੈ {ਇਕ-ਵਚਨ} । ਦੁਖੇ—ਦੁੱਖ ਵਿਚ ਹੀ ।੧੫।

ਆਪੇ—ਆਪ ਹੀ । ਕਰਤੈ—ਕਰਤਾਰ ਨੇ । ਗੁਰਮੁਖਿ—ਗੁਰੂ ਦੇ ਸਨਮੁਖ ਰੱਖ ਕੇ । ਦੇਇ—ਦੇਂਦਾ ਹੈ । ਬੁਝਾਈ—ਸਮਝ । ਨਾਨਕ—ਹੇ ਨਾਨਕ! ਨਾਮਿ—ਨਾਮ ਵਿਚ । ਰਤੇ—ਰੰਗੇ ਹੋਏ । ਨਾਮੇ ਨਾਮਿ—ਨਾਮ ਹੀ ਨਾਮ ਵਿਚ, ਸਦਾ ਨਾਮ ਵਿਚ ਹੀ ।੧੬।

ਅਰਥ :—ਹੇ ਭਾਈ! ਹਰੇਕ ਮਨੁੱਖ ਦੇ ਅੰਦਰ ਪਰਮਾਤਮਾ ਦਾ ਨਾਮ-ਧਨ ਮੌਜੂਦ ਹੈ, ਪਰ ਮਨੁੱਖ ਨੂੰ ਇਹ ਸਮਝ ਨਹੀਂ ਹੈ । ਕੋਈ ਵਿਰਲਾ ਮਨੁੱਖ ਗੁਰੂ ਦੀ ਕਿਰਪਾ ਨਾਲ (ਇਹ ਭੇਤ) ਸਮਝਦਾ ਹੈ । ਜਿਹੜਾ ਮਨੁੱਖ ਗੁਰੂ ਦੀ ਸਰਨ ਪੈਂਦਾ ਹੈ, ਉਹ (ਆਪਣੇ ਅੰਦਰ ਇਹ) ਧਨ ਲੱਭ ਲੈਂਦਾ ਹੈ, ਫਿਰ ਉਹ ਸਦਾ ਹੀ ਨਾਮ ਵਿਚ ਟਿਕਿਆ ਰਹਿੰਦਾ ਹੈ ।੧੩।

ਹੇ ਭਾਈ! (ਜਗਤ ਵਿਚ ਤ੍ਰਿਸ਼ਨਾ ਦੀ) ਅੱਗ (ਬਲ ਰਹੀ ਹੈ), (ਤ੍ਰਿਸ਼ਨਾ ਦਾ) ਝੱਖੜ (ਝੁੱਲ ਰਿਹਾ ਹੈ), ਭਟਕਣਾ ਵਿਚ ਪੈ ਕੇ ਮਨੁੱਖ ਕੁਰਾਹੇ ਪਿਆ ਰਹਿੰਦਾ ਹੈ । ਮਾਇਆ ਦੇ ਮੋਹ ਦੇ ਕਾਰਨ ਮਨੁੱਖ ਨੂੰ ਰਤਾ ਭਰ ਭੀ (ਇਸ ਗ਼ਲਤੀ ਦੀ) ਸੂਝ ਨਹੀਂ ਹੁੰਦੀ । ਹੇ ਭਾਈ! ਆਪਣੇ ਮਨ ਦੇ ਪਿੱਛੇ ਤੁਰਨ ਵਾਲੇ ਅੰਨ੍ਹੇ ਮਨੁੱਖ ਨੂੰ (ਆਤਮਕ ਜੀਵਨ ਬਾਰੇ) ਕੁਝ ਭੀ ਨਹੀਂ ਸੁੱਝਦਾ । ਜਿਹੜਾ ਮਨੁੱਖ ਗੁਰੂ ਦੀ ਮਤਿ ਲੈਂਦਾ ਹੈ ਉਸ ਦੇ ਅੰਦਰ ਪਰਮਾਤਮਾ ਦਾ ਨਾਮ ਚਮਕ ਪੈਂਦਾ ਹੈ ।੧੪।

ਹੇ ਭਾਈ! ਮਨ ਦੇ ਮੁਰੀਦ ਮਨੁੱਖ ਹਉਮੈ ਵਿਚ ਮਾਇਆ (ਦੇ ਮੋਹ) ਵਿਚ (ਸਹੀ ਜੀਵਨ ਵਲੋਂ) ਗ਼ਾਫ਼ਿਲ ਹੋਏ ਰਹਿੰਦੇ ਹਨ, (ਵਿਕਾਰਾਂ ਵੱਲੋਂ) ਹੋ ਰਹੇ ਹੱਲਿਆਂ ਤੋਂ ਉਹ ਆਪਣਾ ਹਿਰਦਾ-ਘਰ ਨਹੀਂ ਬਚਾਂਦੇ, ਆਖ਼ਿਰ ਖ਼ੁਆਰ ਹੁੰਦੇ ਹਨ । (ਹੇ ਭਾਈ! ਮਨ ਦੇ ਮੁਰੀਦ ਮਨੁੱਖ) ਦੂਜਿਆਂ ਦੀ ਨਿੰਦਾ ਕਰਦੇ ਹਨ (ਆਪਣੇ ਅੰਦਰ ਦੀ) ਚਿੰਤਾ ਉਹਨਾਂ ਨੂੰ ਬਹੁਤ ਸਾੜਦੀ ਰਹਿੰਦੀ ਹੈ, ਉਹ ਸਦਾ ਹੀ ਦੁੱਖਾਂ ਵਿਚ ਪਏ ਰਹਿੰਦੇ ਹਨ ।੧੫।

(ਪਰ, ਹੇ ਭਾਈ! ਮਨਮੁਖਾਂ ਦੇ ਭੀ ਕੀਹ ਵੱਸ?) ਕਰਤਾਰ ਨੇ ਆਪ ਹੀ ਉਹਨਾਂ ਪਾਸੋਂ (ਇਹ ਨਿੰਦਾ ਦੀ) ਕਾਰ ਸਦਾ ਕਰਾਈ ਹੈ । ਕਰਤਾਰ ਆਪ ਹੀ ਗੁਰੂ ਦੇ ਸਨਮੁਖ ਕਰ ਕੇ ਮਨੁੱਖ ਨੂੰ (ਸਹੀ ਆਤਮਕ ਜੀਵਨ ਦੀ) ਸਮਝ ਬਖ਼ਸ਼ਦਾ ਹੈ । ਹੇ ਨਾਨਕ! ਜਿਹੜੇ ਮਨੁੱਖ ਪਰਮਾਤਮਾ ਦੇ ਨਾਮ ਵਿਚ ਰੰਗੇ ਰਹਿੰਦੇ ਹਨ, ਉਹਨਾਂ ਦਾ ਮਨ ਪਵਿੱਤਰ ਹੋ ਜਾਂਦਾ ਹੈ । ਉਹ ਸਦਾ ਪਰਮਾਤਮਾ ਦੇ ਨਾਮ ਵਿਚ ਹੀ ਲੀਨ ਰਹਿੰਦੇ ਹਨ ।੧੬।੫।

ਮਾਰੂ ਮਹਲਾ ੩ ॥ ਏਕੋ ਸੇਵੀ ਸਦਾ ਥਿਰੁ ਸਾਚਾ ॥ ਦੂਜੈ ਲਾਗਾ ਸਭੁ ਜਗੁ ਕਾਚਾ ॥ ਗੁਰਮਤੀ ਸਦਾ ਸਚੁ ਸਾਲਾਹੀ ਸਾਚੇ ਹੀ ਸਾਚਿ ਪਤੀਜੈ ਹੇ ॥੧॥ ਤੇਰੇ ਗੁਣ ਬਹੁਤੇ ਮੈ ਏਕੁ ਨ ਜਾਤਾ ॥ ਆਪੇ ਲਾਇ ਲਏ ਜਗਜੀਵਨੁ ਦਾਤਾ ॥ ਆਪੇ ਬਖਸੇ ਦੇ ਵਡਿਆਈ ਗੁਰਮਤਿ ਇਹੁ ਮਨੁ ਭੀਜੈ ਹੇ ॥੨॥ ਮਾਇਆ ਲਹਰਿ ਸਬਦਿ ਨਿਵਾਰੀ ॥ ਇਹੁ ਮਨੁ ਨਿਰਮਲੁ ਹਉਮੈ ਮਾਰੀ ॥ ਸਹਜੇ ਗੁਣ ਗਾਵੈ ਰੰਗਿ ਰਾਤਾ ਰਸਨਾ ਰਾਮੁ ਰਵੀਜੈ ਹੇ ॥੩॥ ਮੇਰੀ ਮੇਰੀ ਕਰਤ ਵਿਹਾਣੀ ॥ ਮਨਮੁਖਿ ਨ ਬੂਝੈ ਫਿਰੈ ਇਆਣੀ ॥ ਜਮਕਾਲੁ ਘੜੀ ਮੁਹਤੁ ਨਿਹਾਲੇ ਅਨਦਿਨੁ ਆਰਜਾ ਛੀਜੈ ਹੇ ॥੪॥ {ਪੰਨਾ ੧੦੪੯}

ਪਦ ਅਰਥ :—ਸੇਵੀ—ਸੇਵੀਂ, ਮੈਂ ਸੇਵਾ-ਭਗਤੀ ਕਰਦਾ ਹਾਂ । ਥਿਰੁ—ਕਾਇਮ । ਸਾਚਾ—ਸਦਾ ਕਾਇਮ ਰਹਿਣ ਵਾਲਾ । ਦੂਜੈ—ਹੋਰ ਹੋਰ ਵਿਚ । ਕਾਚਾ—ਕਮਜ਼ੋਰ ਜੀਵਨ ਵਾਲਾ । ਸਚੁ—ਸਦਾ-ਥਿਰ ਪ੍ਰਭੂ । ਸਾਲਾਹੀ—ਸਾਲਾਹੀਂ, ਮੈਂ ਸਲਾਹੁੰਦਾ ਹਾਂ । ਸਾਚਿ—ਸਦਾ-ਥਿਰ ਪ੍ਰਭੂ ਵਿਚ । ਪਤੀਜੈ—ਪਤੀਜ ਜਾਂਦਾ ਹੈ, ਗਿੱਝ ਜਾਂਦਾ ਹੈ ।੧।

ਆਪੇ—ਆਪ ਹੀ । ਬਖਸੇ—ਬਖ਼ਸ਼ਸ਼ ਕਰਦਾ ਹੈ । ਦੇ—ਦੇਂਦਾ ਹੈ । ਗੁਰਮਤਿ—ਗੁਰੂ ਦੀ ਸਿੱਖਿਆ ਵਿਚ । ਭੀਜੈ—ਭਿੱਜ ਜਾਂਦਾ ਹੈ ।੨।

ਸਬਦਿ—ਸ਼ਬਦ ਨੇ । ਨਿਵਾਰੀ—ਦੂਰ ਕੀਤੀ । ਨਿਰਮਲੁ—ਪਵਿੱਤਰ । ਸਹਜੇ—ਆਤਮਕ ਅਡੋਲਤਾ ਵਿਚ ਹੀ । ਗਾਵੈ—ਗਾਂਦਾ ਹੈ {ਇਕ-ਵਚਨ} । ਰੰਗਿ—ਪ੍ਰੇਮ-ਰੰਗ ਵਿਚ । ਰਸਨਾ—ਜੀਭ । ਰਵੀਜੈ—ਜਪਦੀ ਹੈ ।੩।

ਕਰਤ—ਕਰਦਿਆਂ । ਵਿਹਾਣੀ—ਉਮਰ ਬੀਤੀ । ਮਨਮੁਖਿ—ਮਨ ਦੇ ਪਿੱਛੇ ਤੁਰਨ ਵਾਲੀ ਲੁਕਾਈ । ਫਿਰੈ—ਭਟਕਦੀ ਫਿਰਦੀ ਹੈ । ਇਆਣੀ—ਬੇ-ਸਮਝ । ਜਮਕਾਲੁ—ਮੌਤ, ਆਤਮਕ ਮੌਤ । ਘੜੀ ਮੁਰਤੁ—(ਉਸ ਦੀ ਉਮਰ ਦੀ) ਹਰੇਕ ਘੜੀ ਹਰੇਕ ਪਲ {ਮੁਹਤੁ—ਮੁਹੂਰਤ} । ਨਿਹਾਲੇ—ਤੱਕਦਾ ਰਹਿੰਦਾ ਹੈ । ਅਨਦਿਨੁ—ਹਰ ਰੋਜ਼ । ਆਰਜਾ—ਉਮਰ । ਛੀਜੈ—ਘਟਦੀ ਜਾਂਦੀ ਹੈ, ਛਿੱਜਦੀ ਜਾਂਦੀ ਹੈ ।੪।

ਅਰਥ :—ਹੇ ਭਾਈ! ਮੈਂ ਸਿਰਫ਼ ਉਸ ਪਰਮਾਤਮਾ ਦੀ ਹੀ ਸੇਵਾ-ਭਗਤੀ ਕਰਦਾ ਹਾਂ, ਜੋ ਇਕੋ ਹੀ ਸਦਾ ਕਾਇਮ ਰਹਿਣ ਵਾਲਾ ਹੈ । ਜਗਤ (ਉਸ ਪ੍ਰਭੂ ਦੀ ਭਗਤੀ ਛੱਡ ਕੇ) ਮਾਇਆ ਦੇ ਮੋਹ ਵਿਚ ਲੱਗਾ ਰਹਿੰਦਾ ਹੈ ਤੇ ਕਮਜ਼ੋਰ ਆਤਮਕ ਜੀਵਨ ਵਾਲਾ ਹੋ ਜਾਂਦਾ ਹੈ । ਹੇ ਭਾਈ! ਮੈਂ ਗੁਰੂ ਦੀ ਮਤਿ ਦੀ ਬਰਕਤਿ ਨਾਲ ਸਦਾ-ਥਿਰ ਪ੍ਰਭੂ ਦੀ ਸਿਫ਼ਤਿ-ਸਾਲਾਹ ਕਰਦਾ ਹਾਂ, (ਮੇਰਾ ਮਨ) ਸਦਾ-ਥਿਰ ਪ੍ਰਭੂ (ਦੀ ਯਾਦ) ਵਿਚ ਹੀ ਗਿੱਝਿਆ ਰਹਿੰਦਾ ਹੈ ।੧।

ਹੇ ਪ੍ਰਭੂ! ਤੇਰੇ ਅਨੇਕਾਂ ਹੀ ਗੁਣ (ਉਪਕਾਰ) ਹਨ, ਮੈਂ ਤਾਂ ਤੇਰੇ ਇੱਕ ਉਪਕਾਰ ਨੂੰ ਭੀ ਸਮਝ ਨਹੀਂ ਸਕਿਆ (ਕਦਰ ਨਹੀਂ ਪਾਈ) । ਹੇ ਭਾਈ! ਜਗਤ ਦਾ

ਜੀਵਨ ਦਾਤਾਰ ਪ੍ਰਭੂ ਆਪ ਹੀ (ਮਿਹਰ ਕਰ ਕੇ ਜੀਵ ਨੂੰ ਆਪਣੇ ਚਰਨਾਂ ਵਿਚ) ਜੋੜਦਾ ਹੈ । ਜਿਸ ਮਨੁੱਖ ਉਤੇ ਆਪ ਹੀ ਬਖ਼ਸ਼ਸ਼ ਕਰਦਾ ਹੈ ਉਸ ਨੂੰ (ਨਾਮ ਦੀ) ਵਡਿਆਈ ਦੇਂਦਾ ਹੈ, ਉਸ ਦਾ ਮਨ ਗੁਰੂ ਦੀ ਸਿੱਖਿਆ ਵਿਚ ਭਿੱਜ ਜਾਂਦਾ ਹੈ ।੨।

ਹੇ ਭਾਈ! ਜਿਸ ਮਨੁੱਖ ਨੇ ਗੁਰੂ ਦੇ ਸ਼ਬਦ ਦੀ ਰਾਹੀਂ (ਆਪਣੇ ਅੰਦਰੋਂ) ਮਾਇਆ ਦੀ ਲਹਰ ਦੂਰ ਕਰ ਲਈ, ਹਉਮੈ ਨੂੰ ਮਾਰ ਕੇ ਉਸ ਦਾ ਇਹ ਮਨ ਪਵਿੱਤਰ ਹੋ ਜਾਂਦਾ ਹੈ । ਉਹ ਮਨੁੱਖ ਆਤਮਕ ਅਡੋਲਤਾ ਵਿਚ ਟਿਕ ਕੇ ਪਰਮਾਤਮਾ ਦੇ ਗੁਣ ਗਾਂਦਾ ਰਹਿੰਦਾ ਹੈ, ਪ੍ਰਭੂ ਦੇ ਪ੍ਰੇਮ-ਰੰਗ ਵਿਚ ਰੰਗਿਆ ਰਹਿੰਦਾ ਹੈ, ਉਸ ਦੀ ਜੀਭ ਪਰਮਾਤਮਾ ਦਾ ਨਾਮ ਜਪਦੀ ਰਹਿੰਦੀ ਹੈ ।੩।

ਹੇ ਭਾਈ! ਆਪਣੇ ਮਨ ਦੇ ਪਿੱਛੇ ਤੁਰਨ ਵਾਲੀ ਬੇ-ਸਮਝ ਜੀਵ-ਇਸਤ੍ਰੀ (ਸਹੀ ਜੀਵਨ-ਰਾਹ ਨੂੰ) ਨਹੀਂ ਸਮਝਦੀ, (ਮਾਇਆ ਦੀ ਖ਼ਾਤਰ) ਭਟਕਦੀ ਫਿਰਦੀ ਹੈ, ਉਸ ਦੀ ਸਾਰੀ ਉਮਰ 'ਮੇਰੀ ਮਾਇਆ' 'ਮੇਰੀ ਮਾਇਆ' ਕਰਦਿਆਂ ਬੀਤ ਜਾਂਦੀ ਹੈ । ਆਤਮਕ ਮੌਤ ਉਸ ਦੀ ਜ਼ਿੰਦਗੀ ਦੀ ਹਰੇਕ ਘੜੀ ਹਰੇਕ ਪਲ ਨੂੰ ਗਹੁ ਨਾਲ ਤੱਕਦੀ ਰਹਿੰਦੀ ਹੈ (ਭਾਵ, ਅਜਿਹੀ ਜੀਵ-ਇਸਤ੍ਰੀ ਸਦਾ ਆਤਮਕ ਮੌਤੇ ਮਰੀ ਰਹਿੰਦੀ ਹੈ) ਉਸ ਦੀ ਉਮਰ ਇਕ ਇਕ ਦਿਨ ਕਰ ਕੇ (ਵਿਅਰਥ ਹੀ) ਘਟਦੀ ਜਾਂਦੀ ਹੈ ।੪।

ਅੰਤਰਿ ਲੋਭੁ ਕਰੈ ਨਹੀ ਬੂਝੈ ॥ ਸਿਰ ਊਪਰਿ ਜਮਕਾਲੁ ਨ ਸੂਝੈ ॥ ਐਥੈ ਕਮਾਣਾ ਸੁ ਅਗੈ ਆਇਆ ਅੰਤਕਾਲਿ ਕਿਆ ਕੀਜੈ ਹੇ ॥੫॥ ਜੋ ਸਚਿ ਲਾਗੇ ਤਿਨ ਸਾਚੀ ਸੋਇ ॥ ਦੂਜੈ ਲਾਗੇ ਮਨਮੁਖਿ ਰੋਇ ॥ ਦੁਹਾ ਸਿਰਿਆ ਕਾ ਖਸਮੁ ਹੈ ਆਪੇ ਆਪੇ ਗੁਣ ਮਹਿ ਭੀਜੈ ਹੇ ॥੬॥ ਗੁਰ ਕੈ ਸਬਦਿ ਸਦਾ ਜਨੁ ਸੋਹੈ ॥ ਨਾਮ ਰਸਾਇਣਿ ਇਹੁ ਮਨੁ ਮੋਹੈ ॥ ਮਾਇਆ ਮੋਹ ਮੈਲੁ ਪਤੰਗੁ ਨ ਲਾਗੈ ਗੁਰਮਤੀ ਹਰਿ ਨਾਮਿ ਭੀਜੈ ਹੇ ॥੭॥ ਸਭਨਾ ਵਿਚਿ ਵਰਤੈ ਇਕੁ ਸੋਈ ॥ ਗੁਰ ਪਰਸਾਦੀ ਪਰਗਟੁ ਹੋਈ ॥ ਹਉਮੈ ਮਾਰਿ ਸਦਾ ਸੁਖੁ ਪਾਇਆ ਨਾਇ ਸਾਚੈ ਅੰਮ੍ਰਿਤੁ ਪੀਜੈ ਹੇ ॥੮॥ {ਪੰਨਾ ੧੦੪੯}

ਪਦ ਅਰਥ :—ਅੰਤਰਿ—ਅੰਦਰ, ਮਨ ਵਿਚ । ਕਰੈ—ਕਰਦੀ ਹੈ । ਜਮਕਾਲੁ—ਮੌਤ । ਐਥੈ—ਇਸ ਲੋਕ ਵਿਚ । ਆਗੈ ਆਇਆ—ਸਹਾਰਨਾ ਪੈਂਦਾ ਹੈ । ਅੰਤ ਕਾਲਿ—ਅਖ਼ੀਰ ਦੇ ਵੇਲੇ । ਕਿਆ ਕੀਜੈ—ਕੀਹ ਕੀਤਾ ਜਾ ਸਕਦਾ ਹੈ? ਕੁਝ ਨਹੀਂ ਕੀਤਾ ਜਾ ਸਕਦਾ ।੫।

ਜੋ—ਜਿਹੜੇ ਬੰਦੇ । ਸਚਿ—ਸਦਾ-ਥਿਰ ਪ੍ਰਭੂ ਵਿਚ । ਸਾਚੀ—ਸਦਾ-ਥਿਰ ਰਹਿਣ ਵਾਲੀ । ਸੋਇ—ਸੋਭਾ । ਦੂਜੈ—ਮਾਇਆ ਵਿਚ । ਲਾਗੇ—ਲਾਗਿ, ਲੱਗ ਕੇ । ਮਨਮੁਖਿ—ਮਨ ਦਾ ਮੁਰੀਦ ਮਨੁੱਖ । ਰੋਇ—ਰੋਂਦਾ ਹੈ, ਦੁੱਖੀ ਹੁੰਦਾ ਹੈ । ਦੁਹਾ ਸਿਰਿਆ ਕਾ—ਸਿਮਰਨ ਅਤੇ ਮਾਇਆ ਦੇ ਮੋਹ ਦਾ {ਕੋਈ ਨਾਮ ਵਿਚ ਜੁੜਦਾ ਹੈ, ਕੋਈ ਮਾਇਆ ਦੇ ਮੋਹ ਵਿਚ ਫਸਦਾ ਹੈ—ਇਹ ਦੋਵੇਂ ਸਿਰੇ} । ਆਪੇ—ਆਪ ਹੀ ।੬।

ਸਬਦਿ—ਸ਼ਬਦ ਦੀ ਰਾਹੀਂ । ਸੋਹੈ—ਸੋਭਾ ਪਾਂਦਾ ਹੈ । ਰਸਾਇਣਿ—ਰਸਾਇਣ ਵਿਚ, ਸਭ ਤੋਂ ਸ੍ਰੇਸ਼ਟ ਰਸ ਵਿਚ {ਰਸ-ਅਯਨ, ਰਸਾਂ ਦਾ ਘਰ, ਸਭ ਤੋਂ ਸ੍ਰੇਸ਼ਟ ਰਸ} । ਮੋਹੈ—ਮਸਤ ਰਹਿੰਦਾ ਹੈ । ਪਤੰਗੁ—ਰਤਾ ਭਰ ਭੀ । ਨਾਮਿ—ਨਾਮ ਵਿਚ ।੭।

ਸੋਈ—ਉਹੀ ਪਰਮਾਤਮਾ । ਪਰਸਾਦੀ—ਪਰਸਾਦਿ, ਕਿਰਪਾ । ਮਾਰਿ—ਮਾਰ ਕੇ । ਨਾਇ—ਨਾਮ ਦੀ ਰਾਹੀਂ । ਨਾਇ ਸਾਚੈ—ਸਦਾ ਕਾਇਮ ਰਹਿਣ ਵਾਲੇ ਪਰਮਾਤਮਾ ਦੇ ਨਾਮ ਦੀ ਰਾਹੀਂ । ਅੰਮ੍ਰਿਤੁ—ਆਤਮਕ ਜੀਵਨ ਦੇਣ ਵਾਲਾ ਨਾਮ ਜਲ ।੮।

ਅਰਥ :—ਹੇ ਭਾਈ! ਆਪਣੇ ਮਨ ਦੇ ਪਿੱਛੇ ਤੁਰਨ ਵਾਲੀ ਜੀਵ-ਇਸਤ੍ਰੀ ਆਪਣੇ ਅੰਦਰ ਲੋਭ ਕਰਦੀ ਰਹਿੰਦੀ ਹੈ, ਉਸ ਨੂੰ (ਸਹੀ ਜੀਵਨ-ਰਾਹ) ਨਹੀਂ ਸੁੱਝਦਾ । ਉਸ ਦੇ ਸਿਰ ਉਤੇ ਮੌਤ ਖੜੀ ਰਹਿੰਦੀ ਹੈ, ਪਰ ਉਸ ਨੂੰ ਇਸ ਦੀ ਸਮਝ ਨਹੀਂ ਪੈਂਦੀ । ਇਸ ਜੀਵਨ ਵਿਚ ਜੀਵ-ਇਸਤ੍ਰੀ ਜੋ ਕੁਝ ਕਰਮ ਕਮਾਂਦੀ ਹੈ (ਉਸ ਦਾ ਫਲ) ਭੁਗਤਣਾ ਪੈਂਦਾ ਹੈ (ਸਾਰੀ ਉਮਰ ਲੋਭ-ਲਾਲਚ ਵਿਚ ਗਵਾਇਆਂ) ਅੰਤ ਸਮੇ ਕੁਝ ਨਹੀਂ ਕੀਤਾ ਜਾ ਸਕਦਾ ।੫।

ਹੇ ਭਾਈ! ਜਿਹੜੇ ਮਨੁੱਖ ਸਦਾ-ਥਿਰ ਪ੍ਰਭੂ ਦੇ ਨਾਮ ਵਿਚ ਜੁੜਦੇ ਹਨ, ਉਹਨਾਂ ਨੂੰ ਸਦਾ ਕਾਇਮ ਰਹਿਣ ਵਾਲੀ ਸੋਭਾ ਮਿਲਦੀ ਹੈ । ਪਰ ਮਾਇਆ ਦੇ ਮੋਹ ਵਿਚ ਲੱਗ ਕੇ ਮਨ ਦਾ ਮੁਰੀਦ ਜੀਵ ਦੁੱਖੀ ਰਹਿੰਦਾ ਹੈ । (ਪਰ ਜੀਵਾਂ ਦੇ ਕੀਹ ਵੱਸ? ਕੋਈ ਨਾਮ ਵਿਚ ਜੁੜਦਾ ਹੈ, ਕੋਈ ਮਾਇਆ ਦੇ ਮੋਹ ਵਿਚ ਫਸਿਆ ਰਹਿੰਦਾ ਹੈ—) ਇਹਨਾਂ ਦੋਹਾਂ ਸਿਰਿਆਂ ਦਾ ਮਾਲਕ ਪਰਮਾਤਮਾ ਆਪ ਹੀ ਹੈ । ਉਹ ਆਪ ਹੀ ਆਪਣੇ ਗੁਣਾਂ ਵਿਚ ਪਤੀਜਦਾ ਹੈ ।੬।

ਹੇ ਭਾਈ! ਜਿਹੜਾ ਮਨੁੱਖ ਗੁਰੂ ਦੇ ਸ਼ਬਦ ਦੀ ਰਾਹੀਂ ਆਪਣਾ ਜੀਵਨ ਸੋਹਣਾ ਬਣਾਂਦਾ ਹੈ, ਉਸ ਦਾ ਇਹ ਮਨ ਸਭ ਤੋਂ ਸ੍ਰੇਸ਼ਟ ਨਾਮ-ਰਸ ਵਿਚ ਮਸਤ ਰਹਿੰਦਾ ਹੈ, ਉਸ ਨੂੰ ਮਾਇਆ ਦੇ ਮੋਹ ਦੀ ਮੈਲ ਰਤਾ ਭੀ ਨਹੀਂ ਲੱਗਦੀ, ਗੁਰੂ ਦੀ ਮਤਿ ਦੀ ਬਰਕਤਿ ਨਾਲ (ਉਸ ਦਾ ਮਨ) ਪਰਮਾਤਮਾ ਦੇ ਨਾਮ ਵਿਚ ਭਿੱਜਿਆ ਰਹਿੰਦਾ ਹੈ ।੭।

ਹੇ ਭਾਈ! ਇਕ ਉਹੀ ਪਰਮਾਤਮਾ ਸਭ ਜੀਵਾਂ ਵਿਚ ਮੌਜੂਦ ਹੈ, ਪਰ ਗੁਰੂ ਦੀ ਕਿਰਪਾ ਨਾਲ ਹੀ ਉਹ (ਕਿਸੇ ਵਡਭਾਗੀ ਦੇ ਹਿਰਦੇ ਵਿਚ) ਪਰਗਟ ਹੁੰਦਾ ਹੈ । ਉਹ ਮਨੁੱਖ (ਆਪਣੇ ਅੰਦਰੋਂ) ਹਉਮੈ ਦੂਰ ਕਰ ਕੇ ਸਦਾ ਆਤਮਕ ਆਨੰਦ ਮਾਣਦਾ ਹੈ । ਹੇ ਭਾਈ! ਸਦਾ ਕਾਇਮ ਰਹਿਣ ਵਾਲੇ ਪਰਮਾਤਮਾ ਦੇ ਨਾਮ ਵਿਚ ਜੁੜਿਆਂ ਆਤਮਕ ਜੀਵਨ ਦੇਣ ਵਾਲਾ ਨਾਮ-ਜਲ ਪੀਤਾ ਜਾ ਸਕਦਾ ਹੈ ।੮।

ਕਿਲਬਿਖ ਦੂਖ ਨਿਵਾਰਣਹਾਰਾ ॥ ਗੁਰਮੁਖਿ ਸੇਵਿਆ ਸਬਦਿ ਵੀਚਾਰਾ ॥ ਸਭੁ ਕਿਛੁ ਆਪੇ ਆਪਿ ਵਰਤੈ ਗੁਰਮੁਖਿ ਤਨੁ ਮਨੁ ਭੀਜੈ ਹੇ ॥੯॥ ਮਾਇਆ ਅਗਨਿ ਜਲੈ ਸੰਸਾਰੇ ॥ ਗੁਰਮੁਖਿ ਨਿਵਾਰੈ ਸਬਦਿ ਵੀਚਾਰੇ ॥ ਅੰਤਰਿ ਸਾਂਤਿ ਸਦਾ ਸੁਖੁ ਪਾਇਆ ਗੁਰਮਤੀ ਨਾਮੁ ਲੀਜੈ ਹੇ ॥੧੦॥ ਇੰਦ੍ਰ ਇੰਦ੍ਰਾਸਣਿ ਬੈਠੇ ਜਮ ਕਾ ਭਉ ਪਾਵਹਿ ॥ ਜਮੁ ਨ ਛੋਡੈ ਬਹੁ ਕਰਮ ਕਮਾਵਹਿ ॥ ਸਤਿਗੁਰੁ ਭੇਟੈ ਤਾ ਮੁਕਤਿ ਪਾਈਐ ਹਰਿ ਹਰਿ ਰਸਨਾ ਪੀਜੈ ਹੇ ॥੧੧॥ ਮਨਮੁਖਿ ਅੰਤਰਿ ਭਗਤਿ ਨ ਹੋਈ ॥ ਗੁਰਮੁਖਿ ਭਗਤਿ ਸਾਂਤਿ ਸੁਖੁ ਹੋਈ ॥ ਪਵਿਤ੍ਰ ਪਾਵਨ ਸਦਾ ਹੈ ਬਾਣੀ ਗੁਰਮਤਿ ਅੰਤਰੁ ਭੀਜੈ ਹੇ ॥੧੨॥ {ਪੰਨਾ ੧੦੪੯}

ਪਦ ਅਰਥ :—ਕਿਲਬਿਖ—(ਸਾਰੇ) ਪਾਪ । ਗੁਰਮੁਖਿ—ਗੁਰੂ ਦੇ ਸਨਮੁਖ ਰਹਿਣ ਵਾਲਾ । ਸਬਦਿ—ਸ਼ਬਦ ਵਿਚ । ਆਪੇ—ਆਪ ਹੀ । ਭੀਜੈ—ਭਿੱਜਦਾ ਹੈ ।੯।

ਜਲੈ—ਬਲ ਰਹੀ ਹੈ, ਭੜਕ ਰਹੀ ਹੈ । ਸੰਸਾਰੇ—ਸੰਸਾਰਿ, ਸੰਸਾਰ ਵਿਚ । ਨਿਵਾਰੇ—ਦੂਰ ਕਰਦਾ ਹੈ । ਵੀਚਾਰੇ—ਵੀਚਾਰ, ਵਿਚਾਰ ਕੇ, ਸੁਰਤਿ ਜੋੜ ਕੇ ।

ਲੀਜੈ—ਲਿਆ ਜਾ ਸਕਦਾ ਹੈ ।੧੦।

ਇੰਦ੍ਰਾਸਣਿ—ਇੰਦ੍ਰ ਦੇ ਆਸਣ ਉੱਤੇ । ਭਉ—ਡਰ । ਪਾਵਹਿ—ਪਾਂਦੇ ਹਨ, ਮੰਨਦੇ ਹਨ । ਕਰਮ—ਅਨੇਕਾਂ (ਮਿਥੇ ਹੋਏ ਧਾਰਮਿਕ) ਕਰਮ । ਕਮਾਵਹਿ—ਕਮਾਂਦੇ ਹਨ, ਕਰਦੇ ਹਨ । ਭੇਟੈ—ਮਿਲਦਾ ਹੈ । ਤਾ—ਤਦੋਂ । ਮੁਕਤਿ—(ਡਰ ਤੋਂ) ਖ਼ਲਾਸੀ । ਰਸਨਾ—ਜੀਭ ਨਾਲ । ਪੀਜੈ—ਪੀਤਾ ਜਾ ਸਕਦਾ ਹੈ ।੧੧।

ਮਨਮੁਖਿ—ਮਨ ਦੇ ਪਿੱਛੇ ਤੁਰਨ ਵਾਲਾ ਮਨੁੱਖ । ਗੁਰਮੁਖਿ—ਗੁਰੂ ਦੇ ਸਨਮੁਖ ਰਹਿਣ ਵਾਲਾ । ਪਾਵਨ—ਪਵਿੱਤਰ ਕਰਨ ਵਾਲੀ । ਅੰਤਰੁ—ਹਿਰਦਾ {ਲਫ਼ਜ਼ 'ਅੰਤਰਿ' (=ਅੰਦਰ) ਅਤੇ 'ਅੰਤਰੁ' (ਹਿਰਦਾ) ਦਾ ਫ਼ਰਕ ਚੇਤੇ ਰੱਖਣ-ਜੋਗ ਹੈ} ।੧੨।

ਅਰਥ :—ਹੇ ਭਾਈ! ਜਿਹੜਾ ਪਰਮਾਤਮਾ (ਸਾਰੇ) ਪਾਪ ਅਤੇ ਦੁੱਖ ਦੂਰ ਕਰਨ ਦੇ ਸਮਰੱਥ ਹੈ, ਉਸ ਦੀ ਸੇਵਾ-ਭਗਤੀ ਗੁਰੂ ਦੇ ਸਨਮੁਖ ਹੋ ਕੇ ਗੁਰੂ ਦੇ ਸ਼ਬਦ ਵਿਚ ਸੁਰਤਿ ਜੋੜ ਕੇ ਹੀ ਕੀਤੀ ਜਾ ਸਕਦੀ ਹੈ । ਗੁਰੂ ਦੇ ਸਨਮੁਖ ਰਹਿਣ ਵਾਲੇ ਮਨੁੱਖ ਦਾ ਤਨ ਅਤੇ ਮਨ (ਪਰਮਾਤਮਾ ਦੀ ਭਗਤੀ ਵਿਚ) ਰਸਿਆ ਰਹਿੰਦਾ ਹੈ । (ਗੁਰਮੁਖ ਮਨੁੱਖ ਨੂੰ ਹੀ ਇਹ ਨਿਸਚਾ ਆਉਂਦਾ ਹੈ ਕਿ) ਪਰਮਾਤਮਾ ਸਭ ਕੁਝ ਆਪ ਹੀ ਕਰ ਰਿਹਾ ਹੈ; ਹਰ ਥਾਂ ਆਪ ਹੀ ਮੌਜੂਦ ਹੈ ।੯।

ਹੇ ਭਾਈ! ਮਾਇਆ (ਦੀ ਤ੍ਰਿਸ਼ਨਾ) ਦੀ ਅੱਗ ਜਗਤ ਵਿਚ ਭੜਕ ਰਹੀ ਹੈ, ਗੁਰੂ ਦੇ ਸਨਮੁਖ ਰਹਿਣ ਵਾਲਾ ਮਨੁੱਖ ਗੁਰੂ ਦੇ ਸ਼ਬਦ ਵਿਚ ਸੁਰਤਿ ਜੋੜ ਕੇ (ਇਸ ਤ੍ਰਿਸ਼ਨਾ-ਅੱਗ ਨੂੰ ਆਪਣੇ ਅੰਦਰੋਂ) ਦੂਰ ਕਰ ਲੈਂਦਾ ਹੈ, ਉਸ ਦੇ ਅੰਦਰ ਸਦਾ ਠੰਢ ਬਣੀ ਰਹਿੰਦੀ ਹੈ, ਉਹ ਆਤਮਕ ਆਨੰਦ ਮਾਣਦਾ ਹੈ । ਹੇ ਭਾਈ! ਗੁਰੂ ਦੀ ਮਤਿ ਉੱਤੇ ਤੁਰਿਆਂ ਹੀ ਪਰਮਾਤਮਾ ਦਾ ਨਾਮ ਸਿਮਰਿਆ ਜਾ ਸਕਦਾ ਹੈ ।੧੦।

ਹੇ ਭਾਈ! (ਲੋਕਾਂ ਦੇ ਮਿਥੇ ਹੋਏ ਦੇਵਤਿਆਂ ਦੇ ਰਾਜੇ) ਇੰਦਰ ਵਰਗੇ ਭੀ ਆਪਣੇ ਤਖ਼ਤ ਉੱਤੇ ਬੈਠੇ ਹੋਏ (ਇਸ ਤ੍ਰਿਸ਼ਨਾ ਦੀ ਅੱਗ ਦੇ ਕਾਰਨ) ਆਤਮਕ ਮੌਤ ਦਾ ਸਹਮ ਸਹਾਰ ਰਹੇ ਹਨ । (ਜਿਹੜੇ ਲੋਕ ਨਾਮ ਨਹੀਂ ਸਿਮਰਦੇ, ਪਰ ਹੋਰ ਹੋਰ ਮਿਥੇ ਹੋਏ ਅਨੇਕਾਂ ਧਾਰਮਿਕ) ਕਰਮ ਕਰਦੇ ਹਨ, ਆਤਮਕ ਮੌਤ (ਉਹਨਾਂ ਨੂੰ ਭੀ) ਨਹੀਂ ਛੱਡਦੀ । ਜਦੋਂ (ਮਨੁੱਖ ਨੂੰ) ਗੁਰੂ ਮਿਲਦਾ ਹੈ, ਤਦੋਂ (ਇਸ ਆਤਮਕ ਮੌਤ ਤੋਂ) ਖ਼ਲਾਸੀ ਮਿਲਦੀ ਹੈ । ਹੇ ਭਾਈ! (ਗੁਰੂ ਦੀ ਰਾਹੀਂ ਹੀ) ਜੀਭ ਨਾਲ ਹਰਿ-ਨਾਮ-ਰਸ ਪੀਤਾ ਜਾ ਸਕਦਾ ਹੈ ।੧੧।

ਹੇ ਭਾਈ! ਆਪਣੇ ਮਨ ਦੇ ਪਿੱਛੇ ਤੁਰਨ ਵਾਲੇ ਮਨੁੱਖ ਦੇ ਹਿਰਦੇ ਵਿਚ ਪਰਮਾਤਮਾ ਦੀ ਭਗਤੀ ਪੈਦਾ ਨਹੀਂ ਹੋ ਸਕਦੀ । ਜਿਹੜਾ ਮਨੁੱਖ ਗੁਰੂ ਦੇ ਸਨਮੁਖ ਰਹਿੰਦਾ ਹੈ, ਉਸ ਦੇ ਅੰਦਰ ਪਰਮਾਤਮਾ ਦੀ ਯਾਦ ਹੈ, ਉਸ ਦੇ ਅੰਦਰ ਠੰਢ ਹੈ, ਉਸ ਦੇ ਅੰਦਰ ਆਤਮਕ ਆਨੰਦ ਹੈ । ਹੇ ਭਾਈ! ਗੁਰੂ ਦੀ ਬਾਣੀ ਸਦਾ ਮਨੁੱਖ ਦੇ ਮਨ ਨੂੰ ਪਵਿੱਤਰ ਕਰਨ ਦੇ ਸਮਰੱਥ ਹੈ । ਗੁਰੂ ਦੀ ਮਤਿ ਉਤੇ ਤੁਰਿਆਂ ਹੀ ਹਿਰਦਾ ਪਤੀਜਦਾ ਹੈ ।੧੨।

ਬ੍ਰਹਮਾ ਬਿਸਨੁ ਮਹੇਸੁ ਵੀਚਾਰੀ ॥ ਤ੍ਰੈ ਗੁਣ ਬਧਕ ਮੁਕਤਿ ਨਿਰਾਰੀ ॥ ਗੁਰਮੁਖਿ ਗਿਆਨੁ ਏਕੋ ਹੈ ਜਾਤਾ ਅਨਦਿਨੁ ਨਾਮੁ ਰਵੀਜੈ ਹੇ ॥੧੩॥ ਬੇਦ ਪੜਹਿ ਹਰਿ ਨਾਮੁ ਨ ਬੂਝਹਿ ॥ ਮਾਇਆ ਕਾਰਣਿ ਪੜਿ ਪੜਿ ਲੂਝਹਿ ॥ ਅੰਤਰਿ ਮੈਲੁ ਅਗਿਆਨੀ ਅੰਧਾ ਕਿਉ ਕਰਿ ਦੁਤਰੁ ਤਰੀਜੈ ਹੇ ॥੧੪॥ ਬੇਦ ਬਾਦ ਸਭਿ ਆਖਿ ਵਖਾਣਹਿ ॥ ਨ ਅੰਤਰੁ ਭੀਜੈ ਨ ਸਬਦੁ ਪਛਾਣਹਿ ॥ ਪੁੰਨੁ ਪਾਪੁ ਸਭੁ ਬੇਦਿ ਦ੍ਰਿੜਾਇਆ ਗੁਰਮੁਖਿ ਅੰਮ੍ਰਿਤੁ ਪੀਜੈ ਹੇ ॥੧੫॥ ਆਪੇ ਸਾਚਾ ਏਕੋ ਸੋਈ ॥ ਤਿਸੁ ਬਿਨੁ ਦੂਜਾ ਅਵਰੁ ਨ ਕੋਈ ॥ ਨਾਨਕ ਨਾਮਿ ਰਤੇ ਮਨੁ ਸਾਚਾ ਸਚੋ ਸਚੁ ਰਵੀਜੈ ਹੇ ॥੧੬॥੬॥ {ਪੰਨਾ ੧੦੫੦}

ਪਦ ਅਰਥ :—ਮਹੇਸੁ—ਸ਼ਿਵ । ਵੀਚਾਰੀ—ਵੀਚਾਰਿ, ਵਿਚਾਰ ਕੇ ਵੇਖ ਲੈ । ਬਧਕ—ਬੱਝੇ ਹੋਏ । ਮੁਕਤਿ—(ਆਤਮਕ ਮੌਤ ਤੋਂ) ਖ਼ਲਾਸੀ । ਨਿਰਾਰੀ—ਵੱਖਰੀ, ਲਾਂਭੇ । ਗੁਰਮੁਖਿ—ਗੁਰੂ ਦੇ ਸਨਮੁਖ ਰਹਿਣ ਵਾਲੇ ਮਨੁੱਖ ਨੇ । ਗਿਆਨੁ—ਆਤਮਕ ਜੀਵਨ ਦੀ ਸੂਝ । ਅਨਦਿਨੁ—ਹਰ ਰੋਜ਼, ਹਰ ਵੇਲੇ । ਰਵੀਜੈ—ਸਿਮਰਨਾ ਚਾਹੀਦਾ ਹੈ ।੧੩।

ਪੜਹਿ—ਪੜ੍ਹਦੇ ਹਨ {ਬਹੁ-ਵਚਨ} । ਕਾਰਣਿ—ਦੀ ਖ਼ਾਤਰ । ਪੜਿ—ਪੜ੍ਹ ਕੇ । ਲੂਝਹਿ—ਸੜਦੇ ਹਨ, ਖਿੱਝਦੇ ਹਨ । ਅੰਤਰਿ—ਅੰਦਰ । ਕਿਉਕਰਿ—ਕਿਵੇਂ? ਤਚੁਰੁ—{ਦੁÔਤਰ} ਔਖਿਆਈ ਨਾਲ ਤਰਿਆ ਜਾਣ ਵਾਲਾ । ਤਰੀਜੈ—ਤਰਿਆ ਜਾ ਸਕਦਾ ਹੈ ।੧੪।

ਬੇਦ ਬਾਦ—ਵੇਦਾਂ ਦੇ ਝਗੜੇ, ਵੇਦਾਂ ਦੀਆਂ ਬਹਸਾਂ । ਸਭਿ—ਸਾਰੇ (ਪੰਡਿਤ ਲੋਕ) ਆਖਿ—ਆਖ ਕੇ । ਵਖਾਣਹਿ—ਵਿਆਖਿਆ ਕਰਦੇ ਹਨ । ਅੰਤਰੁ—ਅੰਦਰਲਾ, ਹਿਰਦਾ । ਨ ਭੀਜੈ—ਨਹੀਂ ਭਿੱਜਦਾ, ਨਹੀਂ ਖਿੜਦਾ । ਸਭੁ—ਸਾਰਾ, ਨਿਰਾ । ਬੇਦਿ—ਵੇਦ ਨੇ । ਦ੍ਰਿੜਾਇਆ—ਦ੍ਰਿੜ੍ਹ ਕਰਾਇਆ ਹੈ, ਮੁੜ ਮੁੜ ਤਾਕੀਦ ਕੀਤੀ ਹੈ, ਮੁੜ ਮੁੜ ਧਿਆਨ ਦਿਵਾਇਆ ਹੈ । ਗੁਰਮੁਖਿ—ਗੁਰੂ ਦੀ ਸਰਨ ਪਿਆਂ ਹੀ । ਅੰਮ੍ਰਿਤੁ—ਆਤਮਕ ਜੀਵਨ ਦੇਣ ਵਾਲਾ ਨਾਮ-ਜਸ । ਪੀਜੈ—ਪੀਤਾ ਜਾ ਸਕਦਾ ਹੈ ।੧੫।

ਆਪੇ—ਆਪ ਹੀ । ਸਾਚਾ—ਸਦਾ ਕਾਇਮ ਰਹਿਣ ਵਾਲਾ ਪਰਮਾਤਮਾ । ਸੋਈ—ਉਹੀ । ਅਵਰੁ—ਕੋਈ ਹੋਰ । ਨਾਮਿ—ਨਾਮ ਵਿਚ । ਰਤੇ—ਰੱਤੇ, ਰੰਗੇ ਹੋਏ । ਸਾਚਾ—ਅਡੋਲ, ਅਹਿੱਲ । ਸਚੋ ਸਚੁ—ਸਿਰਫ਼ ਸਦਾ ਕਾਇਮ ਰਹਿਣ ਵਾਲਾ ਪਰਮਾਤਮਾ ਹੀ । ਰਵੀਜੈ—ਸਿਮਰਨਾ ਚਾਹੀਦਾ ਹੈ ।੧੬।

ਅਰਥ :—ਹੇ ਭਾਈ! ਵਿਚਾਰ ਕੇ ਵੇਖ ਲਵੋ—ਬ੍ਰਹਮਾ ਹੋਵੇ, ਵਿਸ਼ਨੂ ਹੋਵੇ, ਸ਼ਿਵ ਹੋਵੇ (ਕੋਈ ਭੀ ਹੋਵੇ, ਜਿਹੜੇ ਪ੍ਰਾਣੀ) ਮਾਇਆ ਦੇ ਤਿੰਨ ਗੁਣਾਂ ਵਿਚ ਬੱਝੇ ਪਏ ਹਨ (ਆਤਮਕ ਮੌਤ ਤੋਂ) ਖ਼ਲਾਸੀ (ਉਹਨਾਂ ਤੋਂ) ਲਾਂਭੇ ਰਹਿ ਜਾਂਦੀ ਹੈ । ਜਿਹੜਾ ਮਨੁੱਖ ਗੁਰੂ ਦੇ ਸਨਮੁਖ ਰਹਿੰਦਾ ਹੈ ਉਹ ਸਿਰਫ਼ ਇਹੀ ਆਤਮਕ ਜੀਵਨ ਦੀ ਸੂਝ ਹਾਸਲ ਕਰਦਾ ਹੈ ਕਿ ਹਰ ਵੇਲੇ ਪਰਮਾਤਮਾ ਦਾ ਨਾਮ ਸਿਮਰਨਾ ਚਾਹੀਦਾ ਹੈ ।੧੩।

ਹੇ ਭਾਈ! (ਪੰਡਿਤ ਲੋਕ) ਵੇਦ (ਆਦਿਕ ਧਰਮ-ਪੁਸਤਕ) ਪੜ੍ਹਦੇ ਹਨ, (ਪਰ ਜੇ ਉਹ) ਪਰਮਾਤਮਾ ਦੇ ਨਾਮ ਨੂੰ (ਜੀਵਨ-ਮਨੋਰਥ) ਨਹੀਂ ਸਮਝਦੇ, ਤਾਂ ਉਹ ਮਾਇਆ (ਕਮਾਣ) ਵਾਸਤੇ ਹੀ (ਵੇਦ ਆਦਿਕ ਧਰਮ-ਪੁਸਤਕਾਂ ਨੂੰ) ਪੜ੍ਹ ਪੜ੍ਹ ਕੇ (ਮਾਇਆ ਦੇ ਘੱਟ ਚੜ੍ਹਾਵੇ ਤੇ ਅੰਦਰੇ ਅੰਦਰ) ਖਿੱਝਦੇ ਹਨ । ਹੇ ਭਾਈ! ਜਿਸ ਮਨੁੱਖ ਦੇ ਅੰਦਰ (ਮਾਇਆ ਦੇ ਮੋਹ ਦੀ) ਮੈਲ ਹੈ (ਉਹ ਵੇਦ-ਪਾਠੀ ਪੰਡਿਤ ਭੀ ਹੋਵੇ, ਤਾਂ ਭੀ) ਉਹ ਅੰਨ੍ਹਾ ਬੇ-ਸਮਝ ਹੈ, ਇਸ ਤਰ੍ਹਾਂ ਇਹ ਦੁੱਤਰ

ਸੰਸਾਰ-ਸਮੁੰਦਰ ਤਰਿਆ ਨਹੀਂ ਜਾ ਸਕਦਾ ।੧੪।

ਹੇ ਭਾਈ! ਸਾਰੇ (ਪੰਡਿਤ ਲੋਕ) ਵੇਦ (ਆਦਿਕ ਧਰਮ-ਪੁਸਤਕਾਂ) ਦੀਆਂ ਚਰਚਾ ਉਚਾਰ ਕੇ (ਹੋਰਨਾਂ ਦੇ ਸਾਹਮਣੇ) ਵਿਆਖਿਆ ਕਰਦੇ ਹਨ, (ਇਸ ਤਰ੍ਹਾਂ) ਨਾਹ (ਉਹਨਾਂ ਦਾ ਆਪਣਾ) ਹਿਰਦਾ ਭਿੱਜਦਾ ਹੈ, ਨਾਹ ਉਹ ਸਿਫ਼ਤਿ-ਸਾਲਾਹ ਦੀ ਬਾਣੀ ਦੀ ਕਦਰ ਸਮਝਦੇ ਹਨ । ਹੇ ਭਾਈ! ਵੇਦ ਨੇ ਤਾਂ ਮੁੜ ਮੁੜ ਇਸ ਗੱਲ ਵਲ ਧਿਆਨ ਦਿਵਾਇਆ ਹੈ ਕਿ ਕਿਹੜਾ ਪੁੰਨ-ਕਰਮ ਹੈ ਤੇ ਕਿਹੜਾ ਪਾਪ-ਕਰਮ ਹੈ । ਆਤਮਕ ਜੀਵਨ ਦੇਣ ਵਾਲਾ ਨਾਮ-ਜਲ ਤਾਂ ਗੁਰੂ ਦੀ ਸਰਨ ਪਿਆਂ ਹੀ ਪੀਤਾ ਜਾ ਸਕਦਾ ਹੈ ।੧੫।

ਹੇ ਭਾਈ! (ਆਪਣੇ ਵਰਗਾ) ਸਿਰਫ਼ ਉਹ ਪਰਮਾਤਮਾ ਆਪ ਹੀ ਹੈ ਜੋ ਸਦਾ ਕਾਇਮ ਰਹਿਣ ਵਾਲਾ ਹੈ, ਉਸ ਤੋਂ ਬਿਨਾ (ਉਸ ਵਰਗਾ) ਹੋਰ ਕੋਈ ਨਹੀਂ ਹੈ । ਹੇ ਨਾਨਕ! ਜਿਹੜੇ ਮਨੁੱਖ ਪਰਮਾਤਮਾ ਦੇ ਨਾਮ-ਰੰਗ ਵਿਚ ਰੰਗੇ ਗਏ ਹਨ, ਉਹਨਾਂ ਦਾ ਮਨ ਅਡੋਲ ਹੋ ਜਾਂਦਾ ਹੈ । (ਇਸ ਵਾਸਤੇ, ਹੇ ਭਾਈ!) ਸਦਾ ਕਾਇਮ ਰਹਿਣ ਵਾਲੇ ਪਰਮਾਤਮਾ ਨੂੰ ਹੀ ਸਿਮਰਨਾ ਚਾਹੀਦਾ ਹੈ ।੧੬।੬।

ਮਾਰੂ ਮਹਲਾ ੩ ॥ ਸਚੈ ਸਚਾ ਤਖਤੁ ਰਚਾਇਆ ॥ ਨਿਜ ਘਰਿ ਵਸਿਆ ਤਿਥੈ ਮੋਹੁ ਨ ਮਾਇਆ ॥ ਸਦ ਹੀ ਸਾਚੁ ਵਸਿਆ ਘਟ ਅੰਤਰਿ ਗੁਰਮੁਖਿ ਕਰਣੀ ਸਾਰੀ ਹੇ ॥੧॥ ਸਚਾ ਸਉਦਾ ਸਚੁ ਵਾਪਾਰਾ ॥ ਨ ਤਿਥੈ ਭਰਮੁ ਨ ਦੂਜਾ ਪਸਾਰਾ ॥ ਸਚਾ ਧਨੁ ਖਟਿਆ ਕਦੇ ਤੋਟਿ ਨ ਆਵੈ ਬੂਝੈ ਕੋ ਵੀਚਾਰੀ ਹੇ ॥੨॥ ਸਚੈ ਲਾਏ ਸੇ ਜਨ ਲਾਗੇ ॥ ਅੰਤਰਿ ਸਬਦੁ ਮਸਤਕਿ ਵਡਭਾਗੇ ॥ ਸਚੈ ਸਬਦਿ ਸਦਾ ਗੁਣ ਗਾਵਹਿ ਸਬਦਿ ਰਤੇ ਵੀਚਾਰੀ ਹੇ ॥੩॥ ਸਚੋ ਸਚਾ ਸਚੁ ਸਾਲਾਹੀ ॥ ਏਕੋ ਵੇਖਾ ਦੂਜਾ ਨਾਹੀ ॥ ਗੁਰਮਤਿ ਊਚੋ ਊਚੀ ਪਉੜੀ ਗਿਆਨਿ ਰਤਨਿ ਹਉਮੈ ਮਾਰੀ ਹੇ ॥੪॥ {ਪੰਨਾ ੧੦੫੦}

ਪਦ ਅਰਥ :—ਸਚੈ—ਸਦਾ ਕਾਇਮ ਰਹਿਣ ਵਾਲੇ (ਪ੍ਰਭੂ) ਨੇ । ਸਚਾ—ਸਦਾ ਕਾਇਮ ਰਹਿਣ ਵਾਲਾ । ਨਿਜ ਘਰਿ—ਆਪਣੇ ਘਰ ਵਿਚ, ਆਪਣੇ ਸਰੂਪ ਵਿਚ । ਤਿਥੈ—ਉਸ ਸ੍ਵੈ-ਸਰੂਪ ਵਿਚ, ਉਸ 'ਨਿਜ ਘਰ' ਵਿਚ । ਸਦ—ਸਦਾ । ਘਟ ਅੰਤਰਿ—ਹਿਰਦੇ ਵਿਚ । ਗੁਰਮੁਖਿ—ਗੁਰੂ ਦੇ ਸਨਮੁਖ ਹੋ ਕੇ । ਸਾਰੀ—ਸ੍ਰੇਸ਼ਟ । ਕਰਣੀ—{ਕਰਣੀਯ} ਕਰਨ-ਜੋਗ ਕੰਮ ।੧।

ਸਚੁ—ਸਦਾ-ਥਿਰ ਹਰਿ-ਨਾਮ । ਤਿਥੈ—ਉਸ ਸੌਦੇ ਵਿਚ, ਉਸ ਵਪਾਰ ਵਿਚ । ਭਰਮੁ—ਭਟਕਣਾ । ਦੂਜਾ ਪਸਾਰਾ—ਮਾਇਆ ਦਾ ਖਲ-ਜਗਨ । ਖਟਿਆ—ਕਮਾਇਆ । ਤੋਟਿ—ਘਾਟਾ । ਕੋ—ਕੋਈ । ਵੀਚਾਰੀ—ਵਿਚਾਰਵਾਨ ।੨।

ਲਾਏ—(ਇਸ ਸੌਦੇ-ਵਪਾਰ ਵਿਚ) ਲਾ ਦਿੱਤੇ । ਸੇ—ਉਹ {ਬਹੁ-ਵਚਨ} । ਅੰਤਰਿ (ਉਹਨਾਂ ਦੇ) ਅੰਦਰ । ਸਬਦੁ—ਸਿਫ਼ਤਿ-ਸਾਲਾਹ ਦੀ ਬਾਣੀ । ਮਸਤਕਿ—ਮੱਥੇ ਉੱਤੇ । ਸਬਦਿ—ਸ਼ਬਦ ਦੀ ਰਾਹੀਂ, ਬਾਣੀ ਦੀ ਰਾਹੀਂ । ਗਾਵਹਿ—ਗਾਂਦੇ ਹਨ । ਰਤੇ—ਰੰਗੇ ਹੋਏ ।੩।

ਸਾਲਾਹੀ—ਸਾਲਾਹੀਂ, ਮੈਂ ਸਲਾਹੁੰਦਾ ਹਾਂ । ਵੇਖਾ—ਵੇਖਾਂ, ਮੈਂ ਵੇਖਦਾ ਹਾਂ । ਗੁਰਮਤਿ—ਗੁਰੂ ਦੀ ਮਤਿ ਉਤੇ ਤੁਰ ਕੇ । ਗਿਆਨਿ—ਗਿਆਨ ਦੀ ਰਾਹੀਂ । ਰਤਨਿ—ਰਤਨ ਦੀ ਰਾਹੀਂ । ਗਿਆਨਿ ਰਤਨਿ—ਗਿਆਨ-ਰਤਨ ਦੀ ਰਾਹੀਂ, ਸ੍ਰੇਸ਼ਟ ਗਿਆਨ ਦੀ ਰਾਹੀਂ ।੪।

ਅਰਥ :—ਹੇ ਭਾਈ! ਸਦਾ ਕਾਇਮ ਰਹਿਣ ਵਾਲੇ ਪਰਮਾਤਮਾ ਨੇ (ਆਪਣੇ 'ਨਿਜ ਘਰ' ਵਿਚ ਬੈਠਣ ਵਾਸਤੇ) ਸਦਾ ਕਾਇਮ ਰਹਿਣ ਵਾਲਾ ਤਖ਼ਤ ਬਣਾ ਰੱਖਿਆ ਹੈ, ਉਸ ਸ੍ਵੈ-ਸਰੂਪ ਵਿਚ ਉਹ ਅਡੋਲ ਬੈਠਾ ਹੈ, ਉਥੇ ਮਾਇਆ ਦਾ ਮੋਹ ਅਸਰ ਨਹੀਂ ਕਰ ਸਕਦਾ । ਹੇ ਭਾਈ! ਗੁਰੂ ਦੀ ਸਰਨ ਪੈ ਕੇ ਜਿਹੜਾ ਮਨੁੱਖ (ਹਰਿ-ਨਾਮ ਜਪਣ ਦਾ) ਸ੍ਰੇਸ਼ਟ ਕਰਨ-ਜੋਗ ਕੰਮ ਕਰਦਾ ਹੈ, ਉਸ ਦੇ ਹਿਰਦੇ ਵਿਚ ਉਹ ਸਦਾ-ਥਿਰ ਪ੍ਰਭੂ ਸਦਾ ਵੱਸਦਾ ਹੈ ।੧।

ਹੇ ਭਾਈ! ਨਾਮ-ਧਨ ਖੱਟਣਾ ਹੀ ਸਦਾ-ਥਿਰ ਸੌਦਾ ਹੈ ਸਦਾ-ਥਿਰ ਵਪਾਰ ਹੈ, ਉਸ ਸੌਦੇ-ਵਪਾਰ ਵਿਚ ਕੋਈ ਭਟਕਣਾ ਨਹੀਂ, ਕੋਈ ਮਾਇਆ ਦਾ ਖਲ-ਜਗਨ ਨਹੀਂ । ਇਹ ਸਦਾ-ਥਿਰ ਨਾਮ-ਧਨ ਖੱਟਿਆਂ ਕਦੇ ਘਾਟਾ ਨਹੀਂ ਪੈਂਦਾ । ਪਰ ਇਸ ਗੱਲ ਨੂੰ ਕੋਈ ਵਿਰਲਾ ਵਿਚਾਰਵਾਨ ਹੀ ਸਮਝਦਾ ਹੈ ।੨।

ਹੇ ਭਾਈ! (ਇਸ ਨਾਮ-ਧਨ ਦੇ ਵਪਾਰ ਵਿਚ) ਉਹੀ ਮਨੁੱਖ ਲੱਗਦੇ ਹਨ, ਜਿਨ੍ਹਾਂ ਨੂੰ ਸਦਾ-ਥਿਰ ਪਰਮਾਤਮਾ ਨੇ ਆਪ ਲਾਇਆ ਹੈ । ਉਹਨਾਂ ਦੇ ਹਿਰਦੇ ਵਿਚ ਗੁਰੂ ਦਾ ਸ਼ਬਦ ਵੱਸਦਾ ਹੈ, ਉਹਨਾਂ ਦੇ ਮੱਥੇ ਉੱਤੇ ਚੰਗੇ ਭਾਗ ਜਾਗ ਪੈਂਦੇ ਹਨ । ਉਹ ਮਨੁੱਖ ਸਦਾ-ਥਿਰ ਪ੍ਰਭੂ ਦੀ ਸਿਫ਼ਤਿ-ਸਾਲਾਹ ਦੇ ਸ਼ਬਦ ਦੀ ਰਾਹੀਂ ਸਦਾ ਹਰਿ-ਗੁਣ ਗਾਂਦੇ ਰਹਿੰਦੇ ਹਨ, ਉਹ ਮਨੁੱਖ ਗੁਰ-ਸ਼ਬਦ (ਦੇ ਰੰਗ) ਵਿਚ ਰੰਗੇ ਰਹਿੰਦੇ ਹਨ, ਉਹ ਉੱਚੀ ਵੀਚਾਰ ਦੇ ਮਾਲਕ ਬਣ ਜਾਂਦੇ ਹਨ ।੩।

ਹੇ ਭਾਈ! ਮੈਂ ਤਾਂ ਸਦਾ ਉਸ ਸਦਾ ਕਾਇਮ ਰਹਿਣ ਵਾਲੇ ਪਰਮਾਤਮਾ ਦੀ ਹੀ ਸਿਫ਼ਤਿ-ਸਾਲਾਹ ਕਰਦਾ ਹਾਂ । ਮੈਂ ਤਾਂ (ਹਰ ਥਾਂ) ਸਿਰਫ਼ ਉਸ ਪਰਮਾਤਮਾ ਨੂੰ ਹੀ ਵੇਖਦਾ ਹਾਂ, (ਮੈਨੂੰ ਉਸ ਤੋਂ ਬਿਨਾ) ਕੋਈ ਹੋਰ ਨਹੀਂ (ਦਿੱਸਦਾ) । ਹੇ ਭਾਈ! ਗੁਰੂ ਦੀ ਮਤਿ ਉਤੇ ਤੁਰ ਕੇ (ਪਰਮਾਤਮਾ ਦੀ ਸਿਫ਼ਤਿ-ਸਾਲਾਹ ਕਰਨੀ—ਇਹ ਹੀ ਪਰਮਾਤਮਾ ਦੇ ਚਰਨਾਂ ਤਕ ਪਹੁੰਚਣ ਲਈ) ਸਭ ਤੋਂ ਉੱਚੀ ਪੌੜੀ ਹੈ । ਇਸ ਸ੍ਰੇਸ਼ਟ ਗਿਆਨ ਦੀ ਬਰਕਤਿ ਨਾਲ ਮਨੁੱਖ (ਆਪਣੇ ਅੰਦਰੋਂ) ਹਉਮੈ ਮਾਰ ਮੁਕਾਂਦਾ ਹੈ ।੪।

ਮਾਇਆ ਮੋਹੁ ਸਬਦਿ ਜਲਾਇਆ ॥ ਸਚੁ ਮਨਿ ਵਸਿਆ ਜਾ ਤੁਧੁ ਭਾਇਆ ॥ ਸਚੇ ਕੀ ਸਭ ਸਚੀ ਕਰਣੀ ਹਉਮੈ ਤਿਖਾ ਨਿਵਾਰੀ ਹੇ ॥੫॥ ਮਾਇਆ ਮੋਹੁ ਸਭੁ ਆਪੇ ਕੀਨਾ ॥ ਗੁਰਮੁਖਿ ਵਿਰਲੈ ਕਿਨ ਹੀ ਚੀਨਾ ॥ ਗੁਰਮੁਖਿ ਹੋਵੈ ਸੁ ਸਚੁ ਕਮਾਵੈ ਸਾਚੀ ਕਰਣੀ ਸਾਰੀ ਹੇ ॥੬॥ ਕਾਰ ਕਮਾਈ ਜੋ ਮੇਰੇ ਪ੍ਰਭ ਭਾਈ ॥ ਹਉਮੈ ਤ੍ਰਿਸਨਾ ਸਬਦਿ ਬੁਝਾਈ ॥ ਗੁਰਮਤਿ ਸਦ ਹੀ ਅੰਤਰੁ ਸੀਤਲੁ ਹਉਮੈ ਮਾਰਿ ਨਿਵਾਰੀ ਹੇ ॥੭॥ ਸਚਿ ਲਗੇ ਤਿਨ ਸਭੁ ਕਿਛੁ ਭਾਵੈ ॥ ਸਚੈ ਸਬਦੇ ਸਚਿ ਸੁਹਾਵੈ ॥ ਐਥੈ ਸਾਚੇ ਸੇ ਦਰਿ ਸਾਚੇ ਨਦਰੀ ਨਦਰਿ ਸਵਾਰੀ ਹੇ ॥੮॥ {ਪੰਨਾ ੧੦੫੦}

ਪਦ ਅਰਥ :—ਸਬਦਿ—ਗੁਰੂ ਦੇ ਸ਼ਬਦ ਦੀ ਰਾਹੀਂ । ਸਚੁ—ਸਦਾ-ਥਿਰ ਪ੍ਰਭੂ । ਮਨਿ—ਮਨ ਵਿਚ । ਜਾ—ਜਾਂ, ਜਦੋਂ । ਤੁਧੁ—ਤੈਨੂੰ । ਭਾਇਆ—ਚੰਗਾ ਲੱਗਾ । ਤਿਖਾ—ਤ੍ਰਿਸ਼ਨਾ । ਨਿਵਾਰੀ—ਦੂਰ ਕੀਤੀ ।੫।

ਸਭੁ—ਸਾਰਾ । ਆਪੇ—ਆਪ ਹੀ । ਵਿਰਲੈ ਕਿਨ ਹੀ—ਕਿਸੇ ਵਿਰਲੇ ਨੇ ਹੀ {ਕਿਨ ਹੀ—ਕ੍ਰਿਆ ਵਿਸ਼ੇਸ਼ਣ 'ਹੀ' ਦੇ ਕਾਰਨ ਲਫ਼ਜ਼ 'ਕਿਨਿ' ਦੀ 'ਿ' ਉੱਡ ਗਈ ਹੈ} । ਚੀਨਾ—ਪਛਾਣਿਆ । ਸਚੁ—ਸਦਾ-ਥਿਰ ਹਰਿ-ਨਾਮ (ਦਾ ਸਿਮਰਨ) । ਸਾਰੀ—ਸ੍ਰੇਸ਼ਟ ।੬।

ਪ੍ਰਭ ਭਾਈ—ਪ੍ਰਭੂ ਨੂੰ ਚੰਗੀ ਲੱਗੀ । ਸਬਦਿ—ਸ਼ਬਦ ਦੀ ਬਰਕਤਿ ਨਾਲ । ਹਰੇਕ—ਮਿਟਾ ਦਿੱਤੀ । ਸਦ—ਸਦਾ । ਅੰਤਰੁ—ਹਿਰਦਾ, ਅੰਦਰਲਾ । ਸੀਤਲੁ—ਸ਼ਾਂਤ, ਠੰਢਾ । ਮਾਰਿ—ਮਾਰ ਕੇ ।੭।

ਸਚਿ—ਸਦਾ-ਥਿਰ ਹਰਿ-ਨਾਮ ਵਿਚ । ਸਭੁ ਕਿਛੁ—(ਪਰਮਾਤਮਾ ਦਾ ਕੀਤਾ) ਹਰੇਕ ਕੰਮ । ਸਚੈ ਸਬਦੇ—ਸਦਾ-ਥਿਰ ਪ੍ਰਭੂ ਦੀ ਸਿਫ਼ਤਿ-ਸਾਲਾਹ ਦੀ ਬਾਣੀ ਦੀ ਰਾਹੀਂ । ਸੁਹਾਵੈ—ਸੋਹਣੇ ਜੀਵਨ ਵਾਲਾ ਬਣ ਜਾਂਦਾ ਹੈ । ਐਥੈ—ਇਸ ਲੋਕ ਵਿਚ । ਸੇ—ਉਹ {ਬਹੁ-ਵਚਨ} । ਦਰਿ—ਪ੍ਰਭੂ ਦੇ ਦਰ ਤੇ । ਸਾਚੇ—ਸੁਰਖ਼ਰੂ । ਨਦਰੀ—ਮਿਹਰ ਦੀ ਨਿਗਾਹ ਕਰਨ ਵਾਲਾ ਪ੍ਰਭੂ ।੮।

ਅਰਥ :—ਹੇ ਪ੍ਰਭੂ! ਜਿਸ ਮਨੁੱਖ ਨੇ ਗੁਰੂ ਦੇ ਸ਼ਬਦ ਦੀ ਬਰਕਤਿ ਨਾਲ (ਆਪਣੇ ਅੰਦਰੋਂ) ਮਾਇਆ ਦਾ ਮੋਹ ਸਾੜ ਦਿੱਤਾ, ਜਦੋਂ ਉਹ ਮਨੁੱਖ ਤੈਨੂੰ ਚੰਗਾ ਲੱਗ ਪਿਆ ਤਦੋਂ ਤੇਰਾ ਸਦਾ-ਥਿਰ ਨਾਮ ਉਸ ਦੇ ਮਨ ਵਿਚ ਵੱਸ ਪਿਆ ।

ਹੇ ਭਾਈ! ਜਿਸ ਮਨੁੱਖ ਨੇ (ਆਪਣੇ ਅੰਦਰੋਂ) ਹਉਮੈ ਦੂਰ ਕਰ ਲਈ, ਮਾਇਆ ਦੀ ਤ੍ਰਿਸ਼ਨਾ ਦੂਰ ਕਰ ਲਈ, ਉਸ ਨੂੰ ਅਭੁੱਲ ਪਰਮਾਤਮਾ ਦੀ ਸਾਰੀ ਕਾਰ ਅਭੁੱਲ ਜਾਪਣ ਲੱਗ ਪਈ ।੫।

ਹੇ ਭਾਈ! ਮਾਇਆ ਦਾ ਸਾਰਾ ਮੋਹ ਪਰਮਾਤਮਾ ਨੇ ਆਪ ਹੀ ਪੈਦਾ ਕੀਤਾ ਹੈ, ਪਰ ਇਹ ਗੱਲ ਕਿਸੇ ਉਸ ਵਿਰਲੇ ਨੇ ਹੀ ਪਛਾਣੀ ਹੈ ਜੋ ਗੁਰੂ ਦੇ ਸਨਮੁਖ ਰਹਿੰਦਾ ਹੈ । ਜਿਹੜਾ ਮਨੁੱਖ ਗੁਰੂ ਦੀ ਸਰਨ ਪੈ ਜਾਂਦਾ ਹੈ, ਉਹ ਮਨੁੱਖ ਸਦਾ-ਥਿਰ ਪ੍ਰਭੂ ਦੇ ਨਾਮ ਸਿਮਰਨ ਦੀ ਕਮਾਈ ਕਰਦਾ ਹੈ, ਉਸ ਨੂੰ ਨਾਮ ਸਿਮਰਨ ਵਾਲੀ ਕਾਰ ਹੀ ਸ੍ਰੇਸ਼ਟ ਲੱਗਦੀ ਹੈ ।੬।

ਹੇ ਭਾਈ! ਜਿਸ ਮਨੁੱਖ ਨੇ ਉਹ ਕਾਰ ਕਰਨੀ ਸ਼ੁਰੂ ਕਰ ਦਿੱਤੀ ਜੋ ਮੇਰੇ ਪ੍ਰਭੂ ਨੂੰ ਪਸੰਦ ਆਉਂਦੀ ਹੈ (ਜਿਸ ਮਨੁੱਖ ਨੇ ਪ੍ਰਭੂ ਦੀ ਰਜ਼ਾ ਵਿਚ ਤੁਰਨਾ ਸ਼ੁਰੂ ਕਰ ਦਿੱਤਾ), ਜਿਸ ਨੇ ਗੁਰੂ ਦੇ ਸ਼ਬਦ ਦੀ ਰਾਹੀਂ (ਆਪਣੇ ਅੰਦਰੋਂ) ਹਉਮੈ ਦੂਰ ਕਰ ਲਈ, ਮਾਇਆ ਦੀ ਤ੍ਰਿਸ਼ਨਾ ਮਿਟਾ ਦਿੱਤੀ, ਜਿਸ ਨੇ ਹਉਮੈ ਮਾਰ ਕੇ ਮੁਕਾ ਦਿੱਤੀ, ਗੁਰੂ ਦੀ ਮਤਿ ਉੱਤੇ ਤੁਰ ਕੇ ਉਸ ਦਾ ਹਿਰਦਾ ਸਦਾ ਹੀ ਸ਼ਾਂਤ ਰਹਿੰਦਾ ਹੈ ।੭।

ਹੇ ਭਾਈ! ਜਿਹੜੇ ਮਨੁੱਖ ਸਦਾ-ਥਿਰ ਹਰਿ-ਨਾਮ ਵਿਚ ਜੁੜਦੇ ਹਨ, ਉਹਨਾਂ ਨੂੰ ਪਰਮਾਤਮਾ ਦਾ ਕੀਤਾ ਹੋਇਆ ਹਰੇਕ ਕੰਮ ਭਲਾ ਜਾਪਦਾ ਹੈ । ਹੇ ਭਾਈ! ਸਦਾ-ਥਿਰ ਪ੍ਰਭੂ ਦੀ ਸਿਫ਼ਤਿ-ਸਾਲਾਹ ਦੀ ਬਾਣੀ ਦੀ ਰਾਹੀਂ ਸਦਾ-ਥਿਰ ਪ੍ਰਭੂ ਵਿਚ ਟਿਕ ਕੇ ਮਨੁੱਖ ਆਪਣਾ ਜੀਵਨ ਸੋਹਣਾ ਬਣਾ ਲੈਂਦਾ ਹੈ । (ਸਿਮਰਨ ਦੀ ਬਰਕਤਿ ਨਾਲ ਜਿਹੜੇ ਮਨੁੱਖ) ਇਸ ਲੋਕ ਵਿਚ ਸੁਰਖ਼ਰੂ ਹੋ ਜਾਂਦੇ ਹਨ, ਉਹ ਮਨੁੱਖ ਪ੍ਰਭੂ ਦੀ ਹਜ਼ੂਰੀ ਵਿਚ ਭੀ ਸੁਰਖ਼ਰੂ ਹੋ ਜਾਂਦੇ ਹਨ । ਮਿਹਰ ਦੀ ਨਿਗਾਹ ਵਾਲੇ ਪਰਮਾਤਮਾ ਦੀ ਮਿਹਰ ਦੀ ਨਜ਼ਰ ਉਹਨਾਂ ਦਾ ਜੀਵਨ ਸੰਵਾਰ ਦੇਂਦੀ ਹੈ ।੮।

ਬਿਨੁ ਸਾਚੇ ਜੋ ਦੂਜੈ ਲਾਇਆ ॥ ਮਾਇਆ ਮੋਹ ਦੁਖ ਸਬਾਇਆ ॥ ਬਿਨੁ ਗੁਰ ਦੁਖੁ ਸੁਖੁ ਜਾਪੈ ਨਾਹੀ ਮਾਇਆ ਮੋਹ ਦੁਖੁ ਭਾਰੀ ਹੇ ॥੯॥ ਸਾਚਾ ਸਬਦੁ ਜਿਨਾ ਮਨਿ ਭਾਇਆ ॥ ਪੂਰਬਿ ਲਿਖਿਆ ਤਿਨੀ ਕਮਾਇਆ ॥ ਸਚੋ ਸੇਵਹਿ ਸਚੁ ਧਿਆਵਹਿ ਸਚਿ ਰਤੇ ਵੀਚਾਰੀ ਹੇ ॥੧੦॥ ਗੁਰ ਕੀ ਸੇਵਾ ਮੀਠੀ ਲਾਗੀ ॥ ਅਨਦਿਨੁ ਸੁਖ ਸਹਜ ਸਮਾਧੀ ॥ ਹਰਿ ਹਰਿ ਕਰਤਿਆ ਮਨੁ ਨਿਰਮਲੁ ਹੋਆ ਗੁਰ ਕੀ ਸੇਵ ਪਿਆਰੀ ਹੇ ॥੧੧॥ ਸੇ ਜਨ ਸੁਖੀਏ ਸਤਿਗੁਰਿ ਸਚੇ ਲਾਏ ॥ ਆਪੇ ਭਾਣੇ ਆਪਿ ਮਿਲਾਏ ॥ ਸਤਿਗੁਰਿ ਰਾਖੇ ਸੇ ਜਨ ਉਬਰੇ ਹੋਰ ਮਾਇਆ ਮੋਹ ਖੁਆਰੀ ਹੇ ॥੧੨॥ {ਪੰਨਾ ੧੦੫੦}

ਪਦ ਅਰਥ :—ਬਿਨੁ ਸਾਚੇ—ਸਦਾ-ਥਿਰ ਪ੍ਰਭੂ ਤੋਂ ਖੁੰਝ ਕੇ । ਦੂਜੈ—ਮਾਇਆ (ਦੇ ਪਿਆਰ) ਵਿਚ । ਸਬਾਇਆ—ਸਾਰੇ । ਜਾਪੈ ਨਾਹੀ—ਸਮਝ ਨਹੀਂ ਪੈਂਦੀ ।੯।

ਸਾਚਾ ਸਬਦੁ—ਸਦਾ-ਥਿਰ ਪ੍ਰਭੂ ਦੀ ਸਿਫ਼ਤਿ-ਸਾਲਾਹ । ਮਨਿ—ਮਨ ਵਿਚ । ਭਾਇਆ—ਪਿਆਰਾ ਲੱਗਾ । ਪੂਰਬਿ—ਪੂਰਬਲੇ ਜਨਮ ਵਿਚ । ਲਿਖਿਆ—ਕੀਤੇ ਕਰਮਾਂ ਦੇ ਸੰਸਕਾਰ । ਤਿਨੀ—ਉਹਨਾਂ ਨੇ । ਸੇਵਹਿ—ਸੇਵਾ-ਭਗਤੀ ਕਰਦੇ ਹਨ {ਬਹੁ-ਵਚਨ} । ਸਚੁ—ਸਦਾ-ਥਿਰ ਹਰਿ-ਨਾਮ । ਸਚਿ—ਸਦਾ-ਥਿਰ ਹਰਿ-ਨਾਮ ਵਿਚ । ਰਤੇ—ਰੰਗੇ ਹੋਏ । ਵੀਚਾਰੀ—ਉੱਚੀ ਸੂਝ ਵਾਲੇ ।੧੦।

ਅਨਦਿਨੁ—ਹਰ ਰੋਜ਼, ਹਰ ਵੇਲੇ । ਸਹਜ—ਆਤਮਕ ਅਡੋਲਤਾ । ਸਹਜ ਸਮਾਧੀ—ਆਤਮਕ ਅਡੋਲਤਾ ਵਾਲੀ ਸਮਾਧੀ ।੧੧।

ਸਤਿਗੁਰਿ—ਗੁਰੂ ਨੇ । ਸਚੇ—ਸਚਿ, ਸਦਾ-ਥਿਰ ਪ੍ਰਭੂ ਵਿਚ । ਲਾਏ—ਜੋੜ ਦਿੱਤੇ । ਆਪੇ—ਆਪ ਹੀ । ਭਾਣੇ—ਚੰਗੇ ਲੱਗੇ । ਸੇ—ਉਹ {ਬਹੁ-ਵਚਨ} । ਉਬਰੇ—ਬਚ ਗਏ । ਹੋਰ—ਬਾਕੀ ਦੀ ਲੁਕਾਈ ।੧੨।

ਅਰਥ :—ਹੇ ਭਾਈ! ਸਦਾ-ਥਿਰ ਪ੍ਰਭੂ (ਦੇ ਨਾਮ) ਤੋਂ ਖੁੰਝ ਕੇ ਜਿਹੜਾ ਮਨੁੱਖ ਮਾਇਆ ਦੇ ਪਿਆਰ ਵਿਚ ਮਸਤ ਰਹਿੰਦਾ ਹੈ, ਉਸ ਨੂੰ ਮਾਇਆ ਦੇ ਮੋਹ ਦੇ ਸਾਰੇ ਦੁੱਖ (ਚੰਬੜੇ ਰਹਿੰਦੇ ਹਨ), ਮਾਇਆ ਦੇ ਮੋਹ ਦਾ ਭਾਰੀ ਦੁੱਖ ਉਸ ਨੂੰ ਵਾਪਰਿਆ ਰਹਿੰਦਾ ਹੈ । ਗੁਰੂ ਦੀ ਸਰਨ ਤੋਂ ਬਿਨਾ ਇਹ ਸਮਝ ਨਹੀਂ ਪੈਂਦੀ ਕਿ ਦੁੱਖ ਕਿਵੇਂ ਦੂਰ ਹੋਵੇ ਅਤੇ ਸੁਖ ਕਿਵੇਂ ਮਿਲੇ ।੯।

ਹੇ ਭਾਈ! ਜਿਨ੍ਹਾਂ ਮਨੁੱਖਾਂ ਦੇ ਮਨ ਵਿਚ ਸਦਾ-ਥਿਰ ਪ੍ਰਭੂ ਦੀ ਸਿਫ਼ਤਿ-ਸਾਲਾਹ ਦੀ ਬਾਣੀ ਪਿਆਰੀ ਲੱਗਣ ਲੱਗ ਪੈਂਦੀ ਹੈ, ਉਹੀ ਮਨੁੱਖ ਪੂਰਬਲੇ ਜਨਮ ਵਿਚ ਕੀਤੇ ਕਰਮਾਂ ਦੇ ਸੰਸਕਾਰਾਂ ਅਨੁਸਾਰ (ਨਾਮ ਸਿਮਰਨ ਦੀ) ਕਮਾਈ ਕਰਦੇ ਹਨ । ਉਹ ਮਨੁੱਖ ਸਦਾ-ਥਿਰ ਪ੍ਰਭੂ ਦੀ ਸੇਵਾ-ਭਗਤੀ ਕਰਦੇ ਹਨ, ਸਦਾ-ਥਿਰ ਪ੍ਰਭੂ ਨੂੰ ਸਿਮਰਦੇ ਹਨ, ਸਦਾ-ਥਿਰ ਪ੍ਰਭੂ ਦੇ ਨਾਮ-ਰੰਗ ਵਿਚ ਰੰਗੇ ਜਾਂਦੇ ਹਨ, ਤੇ ਉੱਚੀ ਸੂਝ ਵਾਲੇ ਹੋ ਜਾਂਦੇ ਹਨ ।੧੦।

ਹੇ ਭਾਈ! ਜਿਸ ਮਨੁੱਖ ਨੂੰ ਗੁਰੂ ਦੀ (ਦੱਸੀ) ਸੇਵਾ ਪਿਆਰੀ ਲੱਗਦੀ ਹੈ, ਉਹ ਹਰ ਵੇਲੇ ਆਤਮਕ ਆਨੰਦ ਮਾਣਦਾ ਹੈ, ਉਸ ਦੀ ਆਮਤਕ ਅਡੋਲਤਾ ਵਾਲੀ ਸਮਾਧੀ ਬਣੀ ਰਹਿੰਦੀ ਹੈ, ਪਰਮਾਤਮਾ ਦਾ ਨਾਮ ਜਪਦਿਆਂ ਉਸ ਦਾ ਮਨ ਪਵਿੱਤਰ ਹੋ ਜਾਂਦਾ ਹੈ, ਗੁਰੂ ਦੀ ਸਰਨ ਵਿਚ ਪਏ ਰਹਿਣਾ ਉਸ ਨੂੰ ਚੰਗਾ ਲੱਗਦਾ ਹੈ ।੧੧।

ਹੇ ਭਾਈ! ਜਿਨ੍ਹਾਂ ਮਨੁੱਖਾਂ ਨੂੰ ਗੁਰੂ ਨੇ ਸਦਾ-ਥਿਰ ਪ੍ਰਭੂ ਦੀ ਯਾਦ ਵਿਚ ਜੋੜ ਦਿੱਤਾ, ਉਹ ਸੁਖੀ ਜੀਵਨ ਬਿਤੀਤ ਕਰਦੇ ਹਨ, (ਇਹ ਪਰਮਾਤਮਾ ਦੀ ਆਪਣੀ ਹੀ ਮਿਹਰ ਹੈ, ਪ੍ਰਭੂ ਨੂੰ) ਆਪ ਹੀ (ਅਜਿਹੇ ਮਨੁੱਖ) ਚੰਗੇ ਲੱਗੇ, ਤੇ, ਆਪ ਹੀ ਉਸ ਨੇ (ਆਪਣੇ ਚਰਨਾਂ ਵਿਚ) ਜੋੜ ਲਏ । ਹੇ ਭਾਈ! ਗੁਰੂ ਨੇ ਜਿਨ੍ਹਾਂ ਮਨੁੱਖਾਂ ਦੀ ਰੱਖਿਆ ਕੀਤੀ, ਉਹ ਮਨੁੱਖ (ਮਾਇਆ ਦੇ ਮੋਹ ਤੋਂ) ਬਚ ਗਏ, ਹੋਰ ਲੁਕਾਈ ਮਾਇਆ ਦੇ ਮੋਹ ਦੀ ਖ਼ੁਆਰੀ (ਸਾਰੀ ਉਮਰ) ਝੱਲਦੀ ਰਹੀ ।੧੨।

ਗੁਰਮੁਖਿ ਸਾਚਾ ਸਬਦਿ ਪਛਾਤਾ ॥ ਨਾ ਤਿਸੁ ਕੁਟੰਬੁ ਨਾ ਤਿਸੁ ਮਾਤਾ ॥ ਏਕੋ ਏਕੁ ਰਵਿਆ ਸਭ ਅੰਤਰਿ ਸਭਨਾ ਜੀਆ ਕਾ ਆਧਾਰੀ ਹੇ ॥੧੩॥ ਹਉਮੈ ਮੇਰਾ ਦੂਜਾ ਭਾਇਆ ॥ ਕਿਛੁ ਨ ਚਲੈ ਧੁਰਿ ਖਸਮਿ ਲਿਖਿ ਪਾਇਆ ॥ ਗੁਰ ਸਾਚੇ ਤੇ ਸਾਚੁ ਕਮਾਵਹਿ ਸਾਚੈ ਦੂਖ ਨਿਵਾਰੀ ਹੇ ॥੧੪॥ ਜਾ ਤੂ ਦੇਹਿ ਸਦਾ ਸੁਖੁ ਪਾਏ ॥ ਸਾਚੈ ਸਬਦੇ ਸਾਚੁ ਕਮਾਏ ॥ ਅੰਦਰੁ ਸਾਚਾ ਮਨੁ ਤਨੁ ਸਾਚਾ ਭਗਤਿ ਭਰੇ ਭੰਡਾਰੀ ਹੇ ॥੧੫॥ ਆਪੇ ਵੇਖੈ ਹੁਕਮਿ ਚਲਾਏ ॥ ਅਪਣਾ ਭਾਣਾ ਆਪਿ ਕਰਾਏ ॥ ਨਾਨਕ ਨਾਮਿ ਰਤੇ ਬੈਰਾਗੀ ਮਨੁ ਤਨੁ ਰਸਨਾ ਨਾਮਿ ਸਵਾਰੀ ਹੇ ॥੧੬॥੭॥ {ਪੰਨਾ ੧੦੫੧}

ਪਦ ਅਰਥ :—ਗੁਰਮੁਖਿ—ਗੁਰੂ ਦੇ ਸਨਮੁਖ ਰਹਿ ਕੇ । ਸਾਚਾ—ਸਦਾ ਕਾਇਮ ਰਹਿਣ ਵਾਲਾ ਪਰਮਾਤਮਾ । ਸਬਦਿ—ਗੁਰੂ ਦੇ ਸ਼ਬਦ ਦੀ ਰਾਹੀਂ । ਪਛਾਤਾ—ਪਛਾਣ ਲਿਆ, ਸਾਂਝ ਪਾ ਲਈ । ਤਿਸੁ—ਉਸ (ਪਰਮਾਤਮਾ) ਦਾ । ਕੁਟੰਬੁ—ਪਰਵਾਰ । ਮਾਤਾ—ਮਾਂ । ਏਕੋ ਏਕੁ—ਉਹ ਆਪ ਹੀ ਆਪ । ਰਵਿਆ—ਵਿਆਪਕ ਹੈ । ਅੰਤਰਿ—ਅੰਦਰ । ਆਧਾਰੀ—ਆਸਰਾ ਦੇਣ ਵਾਲਾ ।੧੩।

ਮੇਰਾ—ਮਮਤਾ । ਦੂਜਾ—ਮਾਇਆ ਦਾ ਮੋਹ । ਭਾਇਆ—ਪਸੰਦ ਆਇਆ । ਧੁਰਿ—ਧੁਰ ਦਰਗਾਹ ਤੋਂ । ਖਸਮਿ—ਮਾਲਕ-ਪ੍ਰਭੂ ਨੇ । ਲਿਖਿ—ਲਿਖ ਕੇ । ਤੇ—ਤੋਂ । ਸਾਚੁ—ਸਦਾ-ਥਿਰ ਪ੍ਰਭੂ ਦਾ ਨਾਮ । ਕਮਾਵਹਿ—ਕਮਾਂਦੇ ਹਨ {ਬਹੁ-ਵਚਨ} । ਸਾਚੈ—ਸਦਾ-ਥਿਰ ਪ੍ਰਭੂ ਨੇ । ਦੂਖ—ਸਾਰੇ ਦੁੱਖ । ਨਿਵਾਰੀ—ਦੂਰ ਕਰ ਦਿੱਤੇ ਹਨ ।੧੪।

ਜਾ—ਜਾਂ, ਜਦੋਂ । ਸੁਖੁ—ਆਤਮਕ ਆਨੰਦ । ਸਾਚੈ—ਸਦਾ-ਥਿਰ ਪ੍ਰਭੂ ਵਿਚ । ਸਬਦੇ—ਗੁਰੂ ਦੇ ਸ਼ਬਦ ਦੀ ਰਾਹੀਂ । ਸਾਚੁ ਕਮਾਏ—ਨਾਮ-ਸਿਮਰਨ ਦੀ ਕਮਾਈ ਕਰਦਾ ਹੈ । ਅੰਦਰੁ—ਹਿਰਦਾ । ਸਾਚਾ—ਅਡੋਲ । ਭੰਡਾਰੀ—ਖ਼ਜ਼ਾਨੇ ।੧੫।

ਆਪੇ—ਆਪ ਹੀ । ਵੇਖੈ—ਵੇਖਦਾ ਹੈ । ਹੁਕਮਿ—ਹੁਕਮ ਵਿਚ । ਭਾਣਾ—ਰਜ਼ਾ । ਨਾਮਿ—ਨਾਮ-ਰੰਗ ਵਿਚ । ਰਤੇ—ਰੰਗੇ ਹੋਏ । ਬੈਰਾਗੀ—ਵੈਰਾਗਵਾਨ, ਮਾਇਆ ਤੋਂ ਨਿਰਲੇਪ । ਰਸਨਾ—ਜੀਭ । ਨਾਮਿ—ਨਾਮ ਨੇ ।੧੬।

ਅਰਥ :—ਹੇ ਭਾਈ! ਜਿਸ ਮਨੁੱਖ ਨੇ ਗੁਰੂ ਦੀ ਸਰਨ ਪੈ ਕੇ ਗੁਰੂ ਦੇ ਸ਼ਬਦ ਦੀ ਰਾਹੀਂ ਸਦਾ-ਥਿਰ ਪਰਮਾਤਮਾ ਨਾਲ ਸਾਂਝ ਪਾ ਲਈ (ਉਸ ਨੂੰ ਇਹ ਸਮਝ ਆ ਗਈ ਕਿ) ਉਸ (ਪਰਮਾਤਮਾ) ਦਾ ਨਾਹ ਕੋਈ (ਖ਼ਾਸ) ਪਰਵਾਰ ਹੈ ਨਾਹ ਉਸ ਦੀ ਮਾਂ ਹੈ, ਉਹ ਆਪ ਹੀ ਆਪ ਸਭ ਜੀਵਾਂ ਵਿਚ ਵਿਆਪਕ ਹੈ ਅਤੇ ਸਭ ਜੀਵਾਂ ਦਾ ਆਸਰਾ ਹੈ ।੧੩।

ਹੇ ਭਾਈ! (ਕਈ ਐਸੇ ਹਨ ਜਿਨ੍ਹਾਂ ਨੂੰ) ਹਉਮੈ ਚੰਗੀ ਲੱਗਦੀ ਹੈ, ਮਮਤਾ ਪਿਆਰੀ ਲੱਗਦੀ ਹੈ, ਮਾਇਆ ਦਾ ਮੋਹ ਪਸੰਦ ਹੈ; ਪਰ ਮਾਲਕ-ਪ੍ਰਭੂ ਨੇ ਧੁਰੋਂ ਹੀ ਇਹ ਮਰਯਾਦਾ ਚਲਾ ਰੱਖੀ ਹੈ ਕਿ ਕੋਈ ਭੀ ਚੀਜ਼ (ਕਿਸੇ ਦੇ ਨਾਲ) ਨਹੀਂ ਜਾਂਦੀ । ਅਭੁੱਲ ਗੁਰੂ ਤੋਂ (ਸਿੱਖਿਆ ਲੈ ਕੇ) ਜਿਹੜੇ ਮਨੁੱਖ ਸਦਾ-ਥਿਰ ਹਰਿ-ਨਾਮ ਸਿਮਰਨ ਦੀ ਕਮਾਈ ਕਰਦੇ ਹਨ, ਸਦਾ-ਥਿਰ ਪਰਮਾਤਮਾ ਨੇ ਉਹਨਾਂ ਦੇ ਸਾਰੇ ਦੁੱਖ ਦੂਰ ਕਰ ਦਿੱਤੇ ।੧੪।

ਹੇ ਪ੍ਰਭੂ! ਜਦੋਂ (ਕਿਸੇ ਮਨੁੱਖ ਨੂੰ ਆਪਣੇ ਨਾਮ ਦੀ ਦਾਤਿ) ਦੇਂਦਾ ਹੈਂ (ਉਹ ਮਨੁੱਖ) ਸਦਾ ਆਤਮਕ ਆਨੰਦ ਮਾਣਦਾ ਹੈ । ਗੁਰੂ ਦੇ ਸ਼ਬਦ ਦੀ ਰਾਹੀਂ ਉਹ ਤੇਰੇ ਸਦਾ-ਥਿਰ ਸਰੂਪ ਵਿਚ ਟਿਕ ਕੇ ਤੇਰਾ ਸਦਾ-ਥਿਰ ਨਾਮ ਸਿਮਰਦਾ ਹੈ । ਉਸ ਮਨੁੱਖ ਦਾ ਹਿਰਦਾ ਅਡੋਲ ਹੋ ਜਾਂਦਾ ਹੈ, ਉਸ ਦਾ ਮਨ ਅਡੋਲ ਹੋ ਜਾਂਦਾ ਹੈ, ਉਸ ਦਾ ਸਰੀਰ (ਵਿਕਾਰਾਂ ਵਲੋਂ) ਅਡੋਲ ਹੋ ਜਾਂਦਾ ਹੈ, (ਉਸ ਦੇ ਅੰਦਰ) ਭਗਤੀ ਦੇ ਭੰਡਾਰੇ ਭਰ ਜਾਂਦੇ ਹਨ ।੧੫।

ਹੇ ਭਾਈ! ਪਰਮਾਤਮਾ ਆਪ ਹੀ (ਸਭ ਜੀਵਾਂ ਦੀ) ਸੰਭਾਲ ਕਰ ਰਿਹਾ ਹੈ (ਸਭ ਨੂੰ ਆਪਣੇ) ਹੁਕਮ ਵਿਚ ਤੋਰ ਰਿਹਾ ਹੈ, ਆਪਣੀ ਰਜ਼ਾ (ਜੀਵਾਂ ਪਾਸੋਂ) ਆਪ ਕਰਾਂਦਾ ਹੈ । ਹੇ ਨਾਨਕ! ਜਿਹੜੇ ਮਨੁੱਖ ਉਸ ਦੇ ਨਾਮ-ਰੰਗ ਵਿਚ ਰੰਗੇ ਰਹਿੰਦੇ ਹਨ ਉਹ ਮਾਇਆ ਤੋਂ ਨਿਰਲੇਪ ਰਹਿੰਦੇ ਹਨ, ਉਹਨਾਂ ਦਾ ਮਨ ਉਹਨਾਂ ਦਾ ਤਨ ਉਹਨਾਂ ਦੀ ਜੀਭ ਪਰਮਾਤਮਾ ਦੇ ਨਾਮ ਨੇ ਸੋਹਣੇ ਬਣਾ ਦਿੱਤੇ ਹੁੰਦੇ ਹਨ ।੧੬।੭।

ਮਾਰੂ ਮਹਲਾ ੩ ॥ ਆਪੇ ਆਪੁ ਉਪਾਇ ਉਪੰਨਾ ॥ ਸਭ ਮਹਿ ਵਰਤੈ ਏਕੁ ਪਰਛੰਨਾ ॥ ਸਭਨਾ ਸਾਰ ਕਰੇ ਜਗਜੀਵਨੁ ਜਿਨਿ ਅਪਣਾ ਆਪੁ ਪਛਾਤਾ ਹੇ ॥੧॥ ਜਿਨਿ ਬ੍ਰਹਮਾ ਬਿਸਨੁ ਮਹੇਸੁ ਉਪਾਏ ॥ ਸਿਰਿ ਸਿਰਿ ਧੰਧੈ ਆਪੇ ਲਾਏ ॥ ਜਿਸੁ ਭਾਵੈ ਤਿਸੁ ਆਪੇ ਮੇਲੇ ਜਿਨਿ ਗੁਰਮੁਖਿ ਏਕੋ ਜਾਤਾ ਹੇ ॥੨॥ ਆਵਾ ਗਉਣੁ ਹੈ ਸੰਸਾਰਾ ॥ ਮਾਇਆ ਮੋਹੁ ਬਹੁ ਚਿਤੈ ਬਿਕਾਰਾ ॥ ਥਿਰੁ ਸਾਚਾ ਸਾਲਾਹੀ ਸਦ ਹੀ ਜਿਨਿ ਗੁਰ ਕਾ ਸਬਦੁ ਪਛਾਤਾ ਹੇ ॥੩॥ ਇਕਿ ਮੂਲਿ ਲਗੇ ਓਨੀ ਸੁਖੁ ਪਾਇਆ ॥ ਡਾਲੀ ਲਾਗੇ ਤਿਨੀ ਜਨਮੁ ਗਵਾਇਆ ॥ ਅੰਮ੍ਰਿਤ ਫਲ ਤਿਨ ਜਨ ਕਉ ਲਾਗੇ ਜੋ ਬੋਲਹਿ ਅੰਮ੍ਰਿਤ ਬਾਤਾ ਹੇ ॥੪॥ {ਪੰਨਾ ੧੦੫੧}

ਪਦ ਅਰਥ :—ਆਪੇ—(ਪ੍ਰਭੂ) ਆਪ ਹੀ । ਆਪੁ—ਆਪਣੇ ਆਪ ਨੂੰ । ਉਪਾਇ—ਪੈਦਾ ਕਰ ਕੇ । ਉਪੰਨਾ—ਪਰਗਟ ਹੋਇਆ ਹੈ । ਮਹਿ—ਵਿਚ । ਪਰਛੰਨਾ—ਗੁਪਤ, ਲੁਕਿਆ ਹੋਇਆ, ਸੂਖਮ ਰੂਪ ਵਿਚ । ਸਾਰ—ਸੰਭਾਲ । ਜਗ ਜੀਵਨੁ—ਜਗਤ ਦਾ ਆਸਰਾ ਪ੍ਰਭੂ । ਜਿਨਿ—ਜਿਸ (ਮਨੁੱਖ) ਨੇ ।੧।

ਜਿਨਿ—ਜਿਸ (ਪਰਮਾਤਮਾ) ਨੇ । ਮਹੇਸੁ—ਸ਼ਿਵ । ਉਪਾਏ—ਪੈਦਾ ਕੀਤੇ । ਸਿਰਿ—ਸਿਰ ਉੱਤੇ । ਸਿਰਿ ਸਿਰਿ—ਹਰੇਕ (ਜੀਵ) ਦੇ ਸਿਰ ਉੱਤੇ । ਧੰਧੈ—ਧੰਧੇ ਵਿਚ । ਜਿਸੁ ਭਾਵੈ—ਜੋ ਤਿਸੁ ਭਾਵੈ, ਜਿਹੜਾ ਉਸ ਨੂੰ ਚੰਗਾ ਲੱਗਦਾ ਹੈ । ਜਿਨਿ—ਜਿਸ (ਮਨੁੱਖ) ਨੇ । ਗੁਰਮੁਖਿ—ਗੁਰੂ ਦੀ ਰਾਹੀਂ ।੨।

ਆਵਾਗਉਣੁ—ਆਉਣਾ ਜਾਣਾ, ਜੰਮਣਾ ਮਰਨਾ, ਜਨਮ ਮਰਨ ਦਾ ਚੱਕਰ । ਚਿਤੈ—ਚਿਤਵਦਾ ਹੈ । ਥਿਰੁ—ਟਿਕਿਆ ਰਹਿਣ ਵਾਲਾ । ਸਾਚਾ—ਸਦਾ ਕਾਇਮ ਰਹਿਣ ਵਾਲਾ । ਸਾਲਾਹੀ—ਸਾਲਾਹੁਣ-ਜੋਗ । ਸਦ—ਸਦਾ । ਜਿਨਿ—ਜਿਸ (ਮਨੁੱਖ) ਨੇ ।੩।

ਇਕਿ—{ਲਫ਼ਜ਼ 'ਇਕਿ' ਤੋਂ ਬਹੁ-ਵਚਨ} ਕਈ । ਮੂਲਿ—ਮੂਲ ਵਿਚ, ਮੁੱਢ ਵਿਚ, ਜਗਤ ਦੇ ਰਚਨਹਾਰ ਵਿਚ । ਓਨੀ—ਉਹਨਾਂ ਨੇ । ਡਾਲੀ—ਡਾਲੀਂ, ਡਾਲੀਆਂ ਵਿਚ, ਸ਼ਾਖਾਂ ਵਿਚ, ਮਾਇਕ ਪਦਾਰਥਾਂ ਵਿਚ । ਅੰਮ੍ਰਿਤ—ਆਤਮਕ ਜੀਵਨ ਦੇਣ ਵਾਲੇ । ਕਉ—ਨੂੰ । ਬੋਲਹਿ—ਬੋਲਦੇ ਹਨ {ਬਹੁ-ਵਚਨ} । ਅੰਮ੍ਰਿਤ ਬਾਤਾ—ਆਤਮਕ ਜੀਵਨ ਦੇਣ ਵਾਲੀਆਂ ਗੱਲਾਂ ।੪।

ਅਰਥ :—ਹੇ ਭਾਈ! ਜਿਸ ਮਨੁੱਖ ਨੇ ਸਦਾ ਆਪਣੇ ਜੀਵਨ ਨੂੰ ਪੜਤਾਲਿਆ ਹੈ (ਉਹ ਜਾਣਦਾ ਹੈ ਕਿ) ਪਰਮਾਤਮਾ ਆਪ ਹੀ ਆਪਣੇ ਆਪ ਨੂੰ ਪੈਦਾ ਕਰ ਕੇ ਪਰਗਟ ਹੋਇਆ, ਪਰਮਾਤਮਾ ਆਪ ਹੀ ਸਭ ਅੰਦਰ ਗੁਪਤ ਰੂਪ ਵਿਚ ਵਿਆਪਕ ਹੈ ਅਤੇ ਉਹ ਜਗਤ-ਦਾ-ਸਹਾਰਾ ਪ੍ਰਭੂ ਸਭ ਜੀਵਾਂ ਦੀ ਸੰਭਾਲ ਕਰਦਾ ਹੈ ।੧।

ਹੇ ਭਾਈ! ਜਿਸ ਮਨੁੱਖ ਨੇ ਗੁਰੂ ਦੀ ਸਰਨ ਪੈ ਕੇ ਇਕ ਪਰਮਾਤਮਾ ਨੂੰ ਹਰ ਥਾਂ ਵੱਸਦਾ ਜਾਣ ਲਿਆ (ਉਹ ਸਮਝਦਾ ਹੈ ਕਿ) ਜਿਸ ਪਰਮਾਤਮਾ ਨੇ ਬ੍ਰਹਮਾ ਵਿਸ਼ਨੂ ਸ਼ਿਵ ਪੈਦਾ ਕੀਤੇ, ਉਹ ਆਪ ਹੀ ਹਰੇਕ ਜੀਵ ਨੂੰ ਧੰਧੇ ਵਿਚ ਲਾਂਦਾ ਹੈ, ਤੇ, ਜਿਹੜਾ ਉਸ ਨੂੰ ਚੰਗਾ ਲੱਗਦਾ ਹੈ ਉਸ ਨੂੰ ਆਪ ਹੀ (ਆਪਣੇ ਚਰਨਾਂ ਵਿਚ) ਜੋੜਦਾ ਹੈ ।੨।

ਹੇ ਭਾਈ! ਜਿਸ ਮਨੁੱਖ ਨੇ ਗੁਰੂ ਦੇ ਸ਼ਬਦ ਨਾਲ ਸਾਂਝ ਪਾ ਲਈ (ਉਹ ਜਾਣਦਾ ਹੈ ਕਿ) ਇਹ ਜਗਤ ਜਨਮ ਮਰਨ ਦਾ ਚੱਕਰ ਹੀ ਹੈ, ਇਥੇ ਮਾਇਆ ਦਾ ਮੋਹ ਪ੍ਰਬਲ ਹੈ (ਜਿਸ ਦੇ ਕਾਰਨ ਜੀਵ) ਵਿਕਾਰ ਚਿਤਵਦਾ ਰਹਿੰਦਾ ਹੈ । (ਇਥੇ) ਸਦਾ ਕਾਇਮ ਰਹਿਣ ਵਾਲਾ ਪਰਮਾਤਮਾ ਹੀ ਸਦਾ ਸਾਲਾਹਣ-ਜੋਗ ਹੈ ।੩।

ਹੇ ਭਾਈ! ਕਈ ਐਸੇ ਹਨ ਜੋ ਜਗਤ ਦੇ ਰਚਨਹਾਰ ਪ੍ਰਭੂ ਦੀ ਯਾਦ ਵਿਚ ਜੁੜੇ ਰਹਿੰਦੇ ਹਨ, ਉਹ ਆਤਮਕ ਆਨੰਦ ਮਾਣਦੇ ਹਨ । ਪਰ ਜਿਹੜੇ ਮਨੁੱਖ ਮਾਇਕ ਪਦਾਰਥਾਂ ਵਿਚ ਲੱਗੇ ਰਹਿੰਦੇ ਹਨ, ਉਹਨਾਂ ਆਪਣਾ ਜੀਵਨ ਗਵਾ ਲਿਆ ਹੈ । ਆਤਮਕ ਜੀਵਨ ਦੇਣ ਵਾਲੇ ਫਲ ਉਹਨਾਂ ਨੂੰ ਹੀ ਲੱਗਦੇ ਹਨ ਜਿਹੜੇ ਆਤਮਕ ਜੀਵਨ ਦੇਣ ਵਾਲੇ (ਸਿਫ਼ਤਿ-ਸਾਲਾਹ ਦੇ) ਬੋਲ ਬੋਲਦੇ ਹਨ ।੪।

ਹਮ ਗੁਣ ਨਾਹੀ ਕਿਆ ਬੋਲਹ ਬੋਲ ॥ ਤੂ ਸਭਨਾ ਦੇਖਹਿ ਤੋਲਹਿ ਤੋਲ ॥ ਜਿਉ ਭਾਵੈ ਤਿਉ ਰਾਖਹਿ ਰਹਣਾ ਗੁਰਮੁਖਿ ਏਕੋ ਜਾਤਾ ਹੇ ॥੫॥ ਜਾ ਤੁਧੁ ਭਾਣਾ ਤਾ ਸਚੀ ਕਾਰੈ ਲਾਏ ॥ ਅਵਗਣ ਛੋਡਿ ਗੁਣ ਮਾਹਿ ਸਮਾਏ ॥ ਗੁਣ ਮਹਿ ਏਕੋ ਨਿਰਮਲੁ ਸਾਚਾ ਗੁਰ ਕੈ ਸਬਦਿ ਪਛਾਤਾ ਹੇ ॥੬॥ ਜਹ ਦੇਖਾ ਤਹ ਏਕੋ ਸੋਈ ॥ ਦੂਜੀ ਦੁਰਮਤਿ ਸਬਦੇ ਖੋਈ ॥ ਏਕਸੁ ਮਹਿ ਪ੍ਰਭੁ ਏਕੁ ਸਮਾਣਾ ਅਪਣੈ ਰੰਗਿ ਸਦ ਰਾਤਾ ਹੇ ॥੭॥ ਕਾਇਆ ਕਮਲੁ ਹੈ ਕੁਮਲਾਣਾ ॥ ਮਨਮੁਖੁ ਸਬਦੁ ਨ ਬੁਝੈ ਇਆਣਾ ॥ ਗੁਰ ਪਰਸਾਦੀ ਕਾਇਆ ਖੋਜੇ, ਪਾਏ ਜਗਜੀਵਨੁ ਦਾਤਾ ਹੇ ॥੮॥ {ਪੰਨਾ ੧੦੫੧}

ਪਦ ਅਰਥ :—ਕਿਆ ਬੋਲ ਬੋਲਹਿ—ਅਸੀ ਕੀਹ ਬੋਲ ਬੋਲ ਸਕਦੇ ਹਾਂ? ਅਸੀ ਬੋਲਣ-ਜੋਗੇ ਨਹੀਂ ਹਾਂ, ਸਾਨੂੰ ਬੋਲਦਿਆਂ ਭੀ ਸ਼ਰਮ ਆਉਂਦੀ ਹੈ । ਤੋਲਹਿ—ਤੂੰ (ਸਭਨਾਂ ਦੇ ਕਰਮਾਂ ਨੂੰ) ਜਾਂਚਦਾ ਤੋਲਦਾ ਹੈਂ । ਰਾਖਹਿ—ਤੂੰ ਰੱਖਦਾ ਹੈਂ । ਗੁਰਮੁਖਿ—ਗੁਰੂ ਦੇ ਸਨਮੁਖ ਰਹਿਣ ਵਾਲਾ ।੫।

ਜਾ—ਜਾਂ, ਜਦੋਂ । ਤੁਧੁ ਭਾਣਾ—ਤੈਨੂੰ ਚੰਗੇ ਲੱਗੇ । ਕਾਰੈ—ਕਾਰ ਵਿਚ । ਛੋਡਿ—ਛੱਡ ਕੇ । ਨਿਰਮਲੁ—ਪਵਿੱਤਰ । ਸਾਚਾ—ਸਦਾ ਕਾਇਮ ਰਹਿਣ ਵਾਲਾ । ਕੈ ਸਬਦਿ—ਦੇ ਸ਼ਬਦ ਦੀ ਰਾਹੀਂ ।੬।

ਦੇਖਾ—ਦੇਖਾਂ, ਮੈਂ ਵੇਖਦਾ ਹਾਂ । ਦੂਜੀ—ਮਾਇਆ ਦੀ ਝਾਕ ਵਾਲੀ । ਦੁਰਮਤਿ—ਖੋਟੀ ਮਤਿ । ਸਬਦੇ—ਸ਼ਬਦ ਦੀ ਰਾਹੀਂ । ਏਕਸੁ ਮਹਿ—ਇਕ ਆਪਣੇ ਆਪ ਵਿਚ । ਸਮਾਣਾ—ਲੀਨ ਹੈ । ਰੰਗਿ—ਮੌਜ ਵਿਚ । ਰਾਤਾ—ਮਸਤ ।੭।

ਕਾਇਆ ਕਮਲੁ—ਸਰੀਰ ਵਿਚ ਦਾ ਹਿਰਦਾ-ਕੌਲ ਫੁੱਲ । ਮਨਮੁਖ—ਮਨ ਦੇ ਪਿੱਛੇ ਤੁਰਨ ਵਾਲਾ । ਇਆਣਾ—ਬੇ-ਸਮਝ । ਪਰਸਾਦੀ—ਪਰਸਾਦਿ, ਕਿਰਪਾ ਨਾਲ । ਪਾਏ—ਲੱਭ ਲੈਂਦਾ ਹੈ ।੮।

ਅਰਥ :—ਹੇ ਪ੍ਰਭੂ! ਅਸੀ ਜੀਵ ਗੁਣ-ਹੀਨ ਹਾਂ, (ਆਪਣੇ ਮੰਦ ਕਰਮਾਂ ਦੇ ਕਾਰਨ) ਅਸੀ ਬੋਲਣ-ਜੋਗੇ ਨਹੀਂ ਹਾਂ । ਤੂੰ ਸਭ ਜੀਵਾਂ (ਦੇ ਕਰਮਾਂ) ਨੂੰ ਵੇਖਦਾ ਹੈਂ ਅਤੇ ਪਰਖਦਾ ਹੈਂ । ਜਿਵੇਂ ਤੇਰੀ ਰਜ਼ਾ ਹੁੰਦੀ ਹੈ ਤੂੰ ਸਾਨੂੰ ਰੱਖਦਾ ਹੈਂ, ਅਸੀ ਉਸੇ ਤਰ੍ਹਾਂ ਰਹਿ ਸਕਦੇ ਹਾਂ । ਗੁਰੂ ਦੇ ਸਨਮੁਖ ਰਹਿਣ ਵਾਲਾ ਮਨੁੱਖ ਤੇਰੇ ਨਾਲ ਹੀ ਸਾਂਝ ਪਾਂਦਾ ਹੈ ।੫।

ਹੇ ਪ੍ਰਭੂ! ਜਦੋਂ ਤੈਨੂੰ ਚੰਗਾ ਲੱਗੇ, ਤਦੋਂ ਤੂੰ (ਜੀਵਾਂ ਨੂੰ) ਸੱਚੀ ਕਾਰ ਵਿਚ ਲਾਂਦਾ ਹੈਂ, (ਜਿਨ੍ਹਾਂ ਨੂੰ ਲਾਂਦਾ ਹੈਂ, ਉਹ) ਔਗੁਣ ਛੱਡ ਕੇ ਤੇਰੇ ਗੁਣਾਂ ਵਿਚ ਲੀਨ ਹੋਏ ਰਹਿੰਦੇ ਹਨ । ਹੇ ਭਾਈ! ਪ੍ਰਭੂ ਦੇ ਗੁਣਾਂ ਵਿਚ ਚਿੱਤ ਜੋੜਿਆਂ ਗੁਰੂ ਦੇ ਸ਼ਬਦ ਦੀ ਰਾਹੀਂ ਉਹ ਪਵਿੱਤਰ ਅਬਿਨਾਸੀ ਪ੍ਰਭੂ ਹੀ (ਹਰ ਥਾਂ) ਦਿੱਸਦਾ ਹੈ ।੬।

ਹੇ ਭਾਈ! ਮੈਂ ਜਿੱਧਰ ਵੇਖਦਾ ਹਾਂ, ਉਧਰ ਸਿਰਫ਼ ਉਹ ਪਰਮਾਤਮਾ ਹੀ ਦਿੱਸ ਰਿਹਾ ਹੈ । ਪ੍ਰਭੂ ਤੋਂ ਬਿਨਾ ਕਿਸੇ ਹੋਰ ਨੂੰ ਵੇਖਣ ਲਈ ਖੋਟੀ ਮਤਿ ਗੁਰੂ ਦੇ ਸ਼ਬਦ ਦੀ ਰਾਹੀਂ ਨਾਸ ਹੋ ਜਾਂਦੀ ਹੈ । (ਸ਼ਬਦ ਦੀ ਬਰਕਤਿ ਨਾਲ ਇਉਂ ਦਿੱਸ ਪੈਂਦਾ ਹੈ ਕਿ) ਆਪਣੇ ਆਪ ਵਿਚ ਪਰਮਾਤਮਾ ਆਪ ਹੀ ਸਮਾਇਆ ਹੋਇਆ ਹੈ, ਉਹ ਸਦਾ ਆਪਣੀ ਮੌਜ ਵਿਚ ਮਸਤ ਰਹਿੰਦਾ ਹੈ ।੭।

ਹੇ ਭਾਈ! ਆਪਣੇ ਮਨ ਦੇ ਪਿੱਛੇ ਤੁਰਨ ਵਾਲਾ ਬੇ-ਸਮਝ ਮਨੁੱਖ ਗੁਰੂ ਦੇ ਸ਼ਬਦ ਨਾਲ ਸਾਂਝ ਨਹੀਂ ਪਾਂਦਾ, (ਇਸ ਵਾਸਤੇ ਉਸ ਦੇ) ਸਰੀਰ ਵਿਚ ਉਸ ਦਾ ਹਿਰਦਾ-ਕੌਲ ਫੁੱਲ ਕੁਮਲਾਇਆ ਰਹਿੰਦਾ ਹੈ । ਜਿਹੜਾ ਮਨੁੱਖ ਗੁਰੂ ਦੀ ਕਿਰਪਾ ਨਾਲ ਆਪਣੇ ਸਰੀਰ ਨੂੰ ਖੋਜਦਾ ਹੈ (ਆਪਣੇ ਆਤਮਕ ਜੀਵਨ ਨੂੰ ਪੜਤਾਲਦਾ ਰਹਿੰਦਾ ਹੈ) ਉਹ ਜਗਤ ਦੇ ਸਹਾਰੇ ਪਰਮਾਤਮਾ ਨੂੰ ਲੱਭ ਲੈਂਦਾ ਹੈ ।੮।

ਕੋਟ ਗਹੀ ਕੇ ਪਾਪ ਨਿਵਾਰੇ ॥ ਸਦਾ ਹਰਿ ਜੀਉ ਰਾਖੈ ਉਰ ਧਾਰੇ ॥ ਜੋ ਇਛੇ ਸੋਈ ਫਲੁ ਪਾਏ ਜਿਉ ਰੰਗੁ ਮਜੀਠੈ ਰਾਤਾ ਹੇ ॥੯॥ ਮਨਮੁਖੁ ਗਿਆਨੁ ਕਥੇ ਨ ਹੋਈ ॥ ਫਿਰਿ ਫਿਰਿ ਆਵੈ ਠਉਰ ਨ ਕੋਈ ॥ ਗੁਰਮੁਖਿ ਗਿਆਨੁ ਸਦਾ ਸਾਲਾਹੇ ਜੁਗਿ ਜੁਗਿ ਏਕੋ ਜਾਤਾ ਹੇ ॥੧੦॥ ਮਨਮੁਖੁ ਕਾਰ ਕਰੇ ਸਭਿ ਦੁਖ ਸਬਾਏ ॥ ਅੰਤਰਿ ਸਬਦੁ ਨਾਹੀ ਕਿਉ ਦਰਿ ਜਾਏ ॥ ਗੁਰਮੁਖਿ ਸਬਦੁ ਵਸੈ ਮਨਿ ਸਾਚਾ ਸਦ ਸੇਵੇ ਸੁਖਦਾਤਾ ਹੇ ॥੧੧॥ ਜਹ ਦੇਖਾ ਤੂ ਸਭਨੀ ਥਾਈ ॥ ਪੂਰੈ ਗੁਰਿ ਸਭ ਸੋਝੀ ਪਾਈ ॥ ਨਾਮੋ ਨਾਮੁ ਧਿਆਈਐ ਸਦਾ ਸਦ ਇਹੁ ਮਨੁ ਨਾਮੇ ਰਾਤਾ ਹੇ ॥੧੨॥ {ਪੰਨਾ ੧੦੫੧-੧੦੫੨}

ਪਦ ਅਰਥ :—ਕੋਟ—ਕਿਲ੍ਹਾ, ਸਰੀਰ-ਕਿਲ੍ਹਾ, ਸਰੀਰ । ਗਹ—ਪਕੜ । ਗਹੀ—ਪਕੜ ਕਰਨ ਵਾਲਾ । ਕੋਟ ਗਹੀ ਕੇ ਪਾਪ—ਸਰੀਰ ਨੂੰ ਗ੍ਰਸਣ ਵਾਲੇ ਪਾਪ । ਨਿਵਾਰੇ—ਦੂਰ ਕਰ ਲੈਂਦਾ ਹੈ । ਰਾਖੈ—ਰੱਖਦਾ ਹੈ । ਉਹ ਧਾਰੇ—ਉਰ ਧਾਰਿ, ਹਿਰਦੇ ਵਿਚ ਟਿਕਾ ਕੇ । ਰੰਗੁ ਮਜੀਠੈ—ਮਜੀਠ ਦਾ ਰੰਗ । ਰਾਤਾ—ਰੱਤਾ ਹੋਇਆ, ਰੰਗਿਆ ਹੋਇਆ ।੯।

ਮਨਮੁਖੁ—ਆਪਣੇ ਮਨ ਦੇ ਪਿੱਛੇ ਤੁਰਨ ਵਾਲਾ ਮਨੁੱਖ । ਗਿਆਨੁ ਕਥੇ—ਗਿਆਨ ਕਥਦਾ ਹੈ, ਗਿਆਨ ਦੀਆਂ ਗੱਲਾਂ ਕਰਦਾ ਹੈ । ਨ ਹੋਈ—(ਉਸ ਦੇ ਹਿਰਦੇ ਵਿਚ ਗਿਆਨ) ਨਹੀਂ ਹੈ, ਉਸ ਦੇ ਅੰਦਰ ਆਤਮਕ ਜੀਵਨ ਦੀ ਸੂਝ ਨਹੀਂ ਹੈ । ਠਉਰ—ਟਿਕਾਣਾ । ਸਾਲਾਹੇ—ਸਿਫ਼ਤਿ-ਸਾਲਾਹ ਕਰਦਾ ਹੈ । ਜੁਗਿ ਜੁਗਿ—ਹਰੇਕ ਜੁਗ ਵਿਚ ।੧੦।

ਸਭਿ—ਸਾਰੇ । ਸਬਾਦੇ—ਸਾਰੇ । ਅੰਦਰਿ—ਅੰਦਰ, ਹਿਰਦੇ ਵਿਚ । ਦਰਿ—(ਪ੍ਰਭੂ ਦੇ) ਦਰ ਤੇ । ਮਨਿ—ਮਨ ਵਿਚ । ਸਾਚਾ—ਸਦਾ-ਥਿਰ ਰਹਿਣ ਵਾਲਾ । ਸਦ—ਸਦਾ । ਸੇਵੇ—ਸੇਵਾ-ਭਗਤੀ ਕਰਦਾ ਹੈ ।੧੧।

ਜਹ—ਜਿੱਥੇ । ਦੇਖਾ—ਦੇਖਾਂ, ਮੈਂ ਵੇਖਦਾ ਹਾਂ । ਥਾਈ—ਥਾਂਈਂ, ਥਾਵਾਂ ਵਿਚ । ਗੁਰਿ—ਗੁਰੂ ਦੀ ਰਾਹੀਂ । ਨਾਮੋ ਨਾਮੁ—ਨਾਮ ਹੀ ਨਾਮ । ਧਿਆਈਐ—ਧਿਆਉਣਾ ਚਾਹੀਦਾ ਹੈ । ਨਾਮੇ—ਨਾਮ ਵਿਚ ਹੀ ।੧੨।

ਅਰਥ :—ਹੇ ਭਾਈ! ਜਿਹੜਾ ਮਨੁੱਖ ਪਰਮਾਤਮਾ ਨੂੰ ਸਦਾ ਆਪਣੇ ਹਿਰਦੇ ਵਿਚ ਵਸਾਈ ਰੱਖਦਾ ਹੈ, ਉਹ (ਆਪਣੇ ਅੰਦਰੋਂ) ਸਰੀਰ ਨੂੰ ਗ੍ਰਸਣ ਵਾਲੇ ਪਾਪ ਦੂਰ ਕਰ ਲੈਂਦਾ ਹੈ । ਉਹ ਮਨੁੱਖ ਜਿਸ (ਫਲ) ਦੀ ਇੱਛਾ ਕਰਦਾ ਹੈ ਉਹ ਫਲ ਹਾਸਲ ਕਰ ਲੈਂਦਾ ਹੈ, ਉਸ ਦਾ ਮਨ ਨਾਮ-ਰੰਗ ਨਾਲ ਇਉਂ ਰੰਗਿਆ ਰਹਿੰਦਾ ਹੈ ਜਿਵੇਂ ਮਜੀਠ ਦਾ (ਪੱਕਾ) ਰੰਗ ਹੈ ।੯।

ਹੇ ਭਾਈ! ਮਨ ਦਾ ਮੁਰੀਦ ਮਨੁੱਖ ਗਿਆਨ ਦੀਆਂ ਗੱਲਾਂ ਤਾਂ ਕਰਦਾ ਹੈ, (ਪਰ ਉਸ ਦੇ ਅੰਦਰ ਆਤਮਕ ਜੀਵਨ ਦੀ ਸੂਝ) ਨਹੀਂ ਹੈ । ਉਹ ਮੁੜ ਮੁੜ ਜਨਮਾਂ ਦੇ ਗੇੜ ਵਿਚ ਪਿਆ ਰਹਿੰਦਾ ਹੈ, ਕਿਤੇ ਉਸ ਨੂੰ ਟਿਕਾਣਾ ਨਹੀਂ ਮਿਲਦਾ । ਗੁਰੂ ਦੇ ਸਨਮੁਖ ਰਹਿਣ ਵਾਲਾ ਮਨੁੱਖ (ਗੁਰੂ ਪਾਸੋਂ) ਆਤਮਕ ਜੀਵਨ ਦੀ ਸੂਝ (ਪ੍ਰਾਪਤ ਕਰ ਕੇ) ਸਦਾ ਪਰਮਾਤਮਾ ਦੀ ਸਿਫ਼ਤਿ-ਸਾਲਾਹ ਕਰਦਾ ਹੈ, ਉਸ ਨੂੰ ਹਰੇਕ ਜੁਗ ਵਿਚ ਇਕੋ ਪਰਮਾਤਮਾ ਵੱਸਦਾ ਸਮਝ ਆਉਂਦਾ ਹੈ ।੧੦।

ਹੇ ਭਾਈ! ਮਨ ਦਾ ਮੁਰੀਦ ਮਨੁੱਖ ਉਹੀ ਕਾਰ ਕਰਦਾ ਹੈ ਜਿਸ ਤੋਂ ਸਾਰੇ ਦੁੱਖ ਹੀ ਦੁੱਖ ਵਾਪਰਨ । ਉਸ ਦੇ ਅੰਦਰ ਗੁਰੂ ਦਾ ਸ਼ਬਦ ਨਹੀਂ ਵੱਸਦਾ, ਉਹ ਪਰਮਾਤਮਾ ਦੇ ਦਰ ਤੇ ਨਹੀਂ ਪਹੁੰਚ ਸਕਦਾ । ਗੁਰੂ ਦੇ ਸਨਮੁਖ ਰਹਿਣ ਵਾਲੇ ਮਨੁੱਖ ਦੇ ਮਨ ਵਿਚ ਗੁਰੂ ਦਾ ਸ਼ਬਦ ਵੱਸਦਾ ਹੈ ਸਦਾ-ਥਿਰ ਪ੍ਰਭੂ ਵੱਸਦਾ ਹੈ, ਉਹ ਸਦਾ ਸੁਖਾਂ ਦੇ ਦਾਤੇ ਪ੍ਰਭੂ ਦੀ ਸੇਵਾ-ਭਗਤੀ ਕਰਦਾ ਹੈ ।੧੧।

ਹੇ ਪ੍ਰਭੂ! ਮੈਂ ਜਿੱਧਰ ਵੇਖਦਾ ਹਾਂ, ਤੂੰ ਸਭ ਥਾਵਾਂ ਵਿਚ ਵੱਸਦਾ ਮੈਨੂੰ ਦਿੱਸਦਾ ਹੈਂ, ਮੈਨੂੰ ਇਹ ਸਾਰੀ ਸੂਝ ਪੂਰੇ ਗੁਰੂ ਤੋਂ ਮਿਲੀ ਹੈ । ਹੇ ਭਾਈ! ਸਦਾ ਹੀ ਸਦਾ ਹੀ ਪਰਮਾਤਮਾ ਦਾ ਨਾਮ ਹੀ ਨਾਮ ਸਿਮਰਨਾ ਚਾਹੀਦਾ ਹੈ । (ਜਿਹੜਾ ਮਨੁੱਖ ਸਿਮਰਦਾ ਹੈ ਉਸ ਦਾ) ਇਹ ਮਨ ਨਾਮ ਵਿਚ ਹੀ ਰੰਗਿਆ ਜਾਂਦਾ ਹੈ ।੧੨।

ਨਾਮੇ ਰਾਤਾ ਪਵਿਤੁ ਸਰੀਰਾ ॥ ਬਿਨੁ ਨਾਵੈ ਡੂਬਿ ਮੁਏ ਬਿਨੁ ਨੀਰਾ ॥ ਆਵਹਿ ਜਾਵਹਿ ਨਾਮੁ ਨਹੀ ਬੂਝਹਿ ਇਕਨਾ ਗੁਰਮੁਖਿ ਸਬਦੁ ਪਛਾਤਾ ਹੇ ॥੧੩॥ ਪੂਰੈ ਸਤਿਗੁਰਿ ਬੂਝ ਬੁਝਾਈ ॥ ਵਿਣੁ ਨਾਵੈ ਮੁਕਤਿ ਕਿਨੈ ਨ ਪਾਈ ॥ ਨਾਮੇ ਨਾਮਿ ਮਿਲੈ ਵਡਿਆਈ ਸਹਜਿ ਰਹੈ ਰੰਗਿ ਰਾਤਾ ਹੇ ॥੧੪॥ ਕਾਇਆ ਨਗਰੁ ਢਹੈ ਢਹਿ ਢੇਰੀ ॥ ਬਿਨੁ ਸਬਦੈ ਚੂਕੈ ਨਹੀ ਫੇਰੀ ॥ ਸਾਚੁ ਸਲਾਹੇ ਸਾਚਿ ਸਮਾਵੈ ਜਿਨਿ ਗੁਰਮੁਖਿ ਏਕੋ ਜਾਤਾ ਹੇ ॥੧੫॥ ਜਿਸ ਨੋ ਨਦਰਿ ਕਰੇ ਸੋ ਪਾਏ ॥ ਸਾਚਾ ਸਬਦੁ ਵਸੈ ਮਨਿ ਆਏ ॥ ਨਾਨਕ ਨਾਮਿ ਰਤੇ ਨਿਰੰਕਾਰੀ ਦਰਿ ਸਾਚੈ ਸਾਚੁ ਪਛਾਤਾ ਹੇ ॥੧੬॥੮॥ {ਪੰਨਾ ੧੦੫੨}

ਪਦ ਅਰਥ :—ਰਾਤਾ—ਰੰਗਿਆ ਹੋਇਆ । ਨਾਮੇ—ਨਾਮ-ਰੰਗ ਵਿਚ । ਡੂਬਿ ਮੁਏ—ਡੁੱਬ ਕੇ ਮਰ ਗਏ, ਵਿਕਾਰਾਂ ਵਿਚ ਡੁੱਬ ਕੇ ਆਤਮਕ ਮੌਤੇ ਮਰ ਗਏ । ਬਿਨੁ ਨੀਰਾ—ਪਾਣੀ ਤੋਂ ਬਿਨਾ ਹੀ (ਵਿਕਾਰਾਂ ਦਾ ਰਤਾ ਭਰ ਭੀ ਟਾਕਰਾ ਕਰਨ-ਜੋਗੇ ਨਹੀਂ ਰਹਿੰਦੇ) । ਆਵਹਿ—ਜੰਮਦੇ ਹਨ । ਜਾਵਹਿ—ਮਰ ਜਾਂਦੇ ਹਨ । ਨਹੀ ਬੂਝਹਿ—ਕਦਰ ਨਹੀਂ ਸਮਝਦੇ । ਗੁਰਮੁਖਿ—ਗੁਰੂ ਦੇ ਸਨਮੁਖ ਹੋ ਕੇ ।੧੩।

ਸਤਿਗੁਰਿ—ਗੁਰੂ ਨੇ । ਬੂਝ—ਸਮਝ । ਮੁਕਤਿ—ਵਿਕਾਰਾਂ ਤੋਂ ਖ਼ਲਾਸੀ । ਸਹਜਿ—ਆਤਮਕ ਅਡੋਲਤਾ ਵਿਚ । ਰੰਗਿ—ਪ੍ਰੇਮ-ਰੰਗ ਵਿਚ ।੧੪।

ਢਹਿ—ਢਹ ਕੇ । ਚੂਕੈ—ਮੁੱਕਦੀ । ਫੇਰੀ—ਜਨਮ ਮਰਨ ਦਾ ਗੇੜ । ਸਾਚੁ—ਸਦਾ-ਥਿਰ ਪ੍ਰਭੂ । ਸਾਚਿ—ਸਦਾ-ਥਿਰ ਪ੍ਰਭੂ ਵਿਚ । ਜਿਨਿ—ਜਿਸ (ਮਨੁੱਖ) ਨੇ ।੧੫।

ਜਿਸ ਨੋ—{ਸੰਬੰਧਕ 'ਨੋ' ਦੇ ਕਾਰਨ ਲਫ਼ਜ਼ 'ਜਿਸੁ' ਦਾ _ ਉੱਡ ਗਿਆ ਹੈ} । ਮਨਿ—ਮਨ ਵਿਚ । ਆਏ—ਆਇ, ਆ ਕੇ । ਨਾਮਿ—ਨਾਮ ਵਿਚ । ਦਰਿ ਸਾਚੈ—ਸਦਾ-ਥਿਰ ਪ੍ਰਭੂ ਦੇ ਦਰ ਤੇ । ਸਾਚੁ ਪਛਾਤਾ—ਸਦਾ-ਥਿਰ ਪ੍ਰਭੂ ਨਾਲ ਸਾਂਝ ਪਾ ਲਈ ।੧੬।

ਅਰਥ :—ਹੇ ਭਾਈ! ਜਿਹੜਾ ਮਨੁੱਖ ਪਰਮਾਤਮਾ ਦੇ ਨਾਮ-ਰੰਗ ਵਿਚ ਰੰਗਿਆ ਰਹਿੰਦਾ ਹੈ, ਉਸ ਦਾ ਸਰੀਰ (ਵਿਕਾਰਾਂ ਦੀ ਮੈਲ ਤੋਂ) ਪਵਿੱਤਰ ਰਹਿੰਦਾ ਹੈ; ਪਰ ਜਿਹੜੇ ਮਨੁੱਖ ਨਾਮ ਤੋਂ ਸੁੰਞੇ ਰਹਿੰਦੇ ਹਨ, ਉਹ (ਵਿਕਾਰਾਂ ਵਿਚ) ਡੁੱਬ ਕੇ (ਆਤਮਕ ਮੌਤੇ) ਮਰੇ ਰਹਿੰਦੇ ਹਨ, ਉਹ ਵਿਕਾਰਾਂ ਦਾ ਰਤਾ ਭਰ ਭੀ ਟਾਕਰਾ ਨਹੀਂ ਕਰ ਸਕਦੇ । ਜਿਹੜੇ ਮਨੁੱਖ ਹਰਿ-ਨਾਮ ਦੀ ਕਦਰ ਨਹੀਂ ਸਮਝਦੇ, ਉਹ ਜਗਤ ਵਿਚ ਆਉਂਦੇ ਹਨ ਤੇ (ਖ਼ਾਲੀ ਹੀ) ਚਲੇ ਜਾਂਦੇ ਹਨ । ਪਰ ਕਈ ਐਸੇ ਹਨ ਜਿਹੜੇ ਗੁਰੂ ਦੀ ਸਰਨ ਪੈ ਕੇ ਗੁਰ-ਸ਼ਬਦ ਨਾਲ ਸਾਂਝ ਪਾਂਦੇ ਹਨ ।੧੩।

ਹੇ ਭਾਈ! ਪੂਰੇ ਗੁਰੂ ਨੇ (ਸਾਨੂੰ ਇਹ) ਸਮਝ ਬਖ਼ਸ਼ੀ ਹੈ ਕਿ ਪਰਮਾਤਮਾ ਦੇ ਨਾਮ ਤੋਂ ਬਿਨਾ ਕਿਸੇ ਭੀ ਮਨੁੱਖ ਨੇ (ਵਿਕਾਰਾਂ ਤੋਂ) ਖ਼ਲਾਸੀ ਹਾਸਲ ਨਹੀਂ ਕੀਤੀ । ਜਿਹੜਾ ਮਨੁੱਖ ਹਰ ਵੇਲੇ ਨਾਮ ਵਿਚ ਲੀਨ ਰਹਿੰਦਾ ਹੈ ਉਸ ਨੂੰ (ਲੋਕ ਪਰਲੋਕ ਦੀ) ਇੱਜ਼ਤ ਮਿਲਦੀ ਹੈ, ਉਹ ਆਤਮਕ ਅਡੋਲਤਾ ਵਿਚ ਟਿਕਿਆ ਰਹਿੰਦਾ

ਹੈ, ਉਹ ਪ੍ਰੇਮ-ਰੰਗ ਵਿਚ ਰੰਗਿਆ ਰਹਿੰਦਾ ਹੈ ।੧੪।

ਹੇ ਭਾਈ! ਇਹ ਸਰੀਰ-ਨਗਰ (ਆਖ਼ਿਰ) ਢਹਿ ਪੈਂਦਾ ਹੈ, ਤੇ ਢਹਿ ਕੇ ਢੇਰੀ ਹੋ ਜਾਂਦਾ ਹੈ । ਪਰ ਗੁਰ-ਸ਼ਬਦ (ਨੂੰ ਮਨ ਵਿਚ ਵਸਾਣ) ਤੋਂ ਬਿਨਾ (ਜੀਵਾਤਮਾ ਦਾ) ਜਨਮ ਮਰਨ ਦਾ ਗੇੜ ਨਹੀਂ ਮੁੱਕਦਾ । ਜਿਹੜਾ ਮਨੁੱਖ ਗੁਰੂ ਦੀ ਸਰਨ ਪੈ ਕੇ ਇਕ ਪਰਮਾਤਮਾ ਨਾਲ ਹੀ ਸਾਂਝ ਪਾਂਦਾ ਹੈ ਉਹ ਸਦਾ-ਥਿਰ ਪਰਮਾਤਮਾ ਦੀ ਸਿਫ਼ਤਿ-ਸਾਲਾਹ ਕਰਦਾ ਰਹਿੰਦਾ ਹੈ, ਉਹ ਸਦਾ-ਥਿਰ (ਦੀ ਯਾਦ) ਵਿਚ ਲੀਨ ਰਹਿੰਦਾ ਹੈ ।੧੫।

ਹੇ ਭਾਈ! ਉਹੀ ਮਨੁੱਖ (ਸਿਫ਼ਤਿ-ਸਾਲਾਹ ਦੀ ਦਾਤਿ) ਹਾਸਲ ਕਰਦਾ ਹੈ, ਜਿਸ ਉਤੇ ਪਰਮਾਤਮਾ ਮਿਹਰ ਦੀ ਨਿਗਾਹ ਕਰਦਾ ਹੈ, ਸਦਾ-ਥਿਰ ਪਰਮਾਤਮਾ ਦੀ ਸਿਫ਼ਤਿ-ਸਾਲਾਹ ਦਾ ਸ਼ਬਦ ਉਸ ਦੇ ਮਨ ਵਿਚ ਆ ਵੱਸਦਾ ਹੈ । ਹੇ ਨਾਨਕ! ਜਿਹੜੇ ਮਨੁੱਖ ਨਿਰੰਕਾਰ ਦੇ ਨਾਮ ਵਿਚ ਰੰਗੇ ਰਹਿੰਦੇ ਹਨ, ਜਿਹੜੇ ਸਦਾ-ਥਿਰ ਪ੍ਰਭੂ ਨਾਲ ਸਾਂਝ ਪਾਂਦੇ ਹਨ, ਉਹ ਉਸ ਸਦਾ-ਥਿਰ ਦੇ ਦਰ ਤੇ (ਕਬੂਲ ਹੋ ਜਾਂਦੇ ਹਨ) ।੧੬।੮।

ਮਾਰੂ ਸੋਲਹੇ ੩ ॥ ਆਪੇ ਕਰਤਾ ਸਭੁ ਜਿਸੁ ਕਰਣਾ ॥ ਜੀਅ ਜੰਤ ਸਭਿ ਤੇਰੀ ਸਰਣਾ ॥ ਆਪੇ ਗੁਪਤੁ ਵਰਤੈ ਸਭ ਅੰਤਰਿ ਗੁਰ ਕੈ ਸਬਦਿ ਪਛਾਤਾ ਹੇ ॥੧॥ ਹਰਿ ਕੇ ਭਗਤਿ ਭਰੇ ਭੰਡਾਰਾ ॥ ਆਪੇ ਬਖਸੇ ਸਬਦਿ ਵੀਚਾਰਾ ॥ ਜੋ ਤੁਧੁ ਭਾਵੈ ਸੋਈ ਕਰਸਹਿ ਸਚੇ ਸਿਉ ਮਨੁ ਰਾਤਾ ਹੇ ॥੨॥ ਆਪੇ ਹੀਰਾ ਰਤਨੁ ਅਮੋਲੋ ॥ ਆਪੇ ਨਦਰੀ ਤੋਲੇ ਤੋਲੋ ॥ ਜੀਅ ਜੰਤ ਸਭਿ ਸਰਣਿ ਤੁਮਾਰੀ ਕਰਿ ਕਿਰਪਾ ਆਪਿ ਪਛਾਤਾ ਹੇ ॥੩॥ ਜਿਸ ਨੋ ਨਦਰਿ ਹੋਵੈ ਧੁਰਿ ਤੇਰੀ ॥ ਮਰੈ ਨ ਜੰਮੈ ਚੂਕੈ ਫੇਰੀ ॥ ਸਾਚੇ ਗੁਣ ਗਾਵੈ ਦਿਨੁ ਰਾਤੀ ਜੁਗਿ ਜੁਗਿ ਏਕੋ ਜਾਤਾ ਹੇ ॥੪॥ {ਪੰਨਾ ੧੦੫੨}

ਪਦ ਅਰਥ :—ਆਪੇ—(ਤੂੰ) ਆਪ ਹੀ । ਸਭੁ ਜਿਸੁ ਕਰਣਾ—ਜਿਸੁ ਸਭੁ ਕਰਣਾ ਜਿਸ ਦਾ (ਇਹ) ਸਾਰਾ ਜਗਤ ਹੈ । ਸਭਿ—ਸਾਰੇ । ਗੁਪਤੁ—ਲੁਕਿਆ ਹੋਇਆ, ਸੂਖਮ ਰੂਪ ਵਿਚ । ਵਰਤੈ—ਮੌਜੂਦ ਹੈ । ਕੈ ਸਬਦਿ—ਦੇ ਸ਼ਬਦ ਦੀ ਰਾਹੀਂ ।੧।

ਭੰਡਾਰਾ—ਖ਼ਜ਼ਾਨੇ । ਸਬਦਿ—ਸ਼ਬਦ ਦੀ ਰਾਹੀਂ । ਵੀਚਾਰਾ—(ਇਹ) ਸਮਝ । ਤੁਧੁ ਭਾਵੈ—ਤੈਨੂੰ ਚੰਗਾ ਲੱਗਦਾ ਹੈ । ਕਰਸਹਿ—(ਜੀਵ) ਕਰਨਗੇ । ਸਿਉ—ਨਾਲ ।੨।

ਸਭਿ—ਸਾਰੇ । ਕਰਿ—ਕਰ ਕੇ ।੩।

ਧੁਰਿ—ਧੁਰ ਤੋਂ । ਫੇਰੀ—ਜਨਮ ਮਰਨ ਦਾ ਗੇੜ । ਸਾਚੇ ਗੁਣ—ਸਦਾ-ਥਿਰ ਰਹਿਣ ਵਾਲੇ ਗੁਣ । ਜੁਗਿ ਜੁਗਿ—ਹਰੇਕ ਜੁਗ ਵਿਚ (ਵੱਸਦਾ) ।੪।

ਅਰਥ :—ਹੇ ਪ੍ਰਭੂ! ਤੂੰ ਆਪ ਹੀ ਉਹ ਕਰਤਾਰ ਹੈਂ ਜਿਸ ਦਾ (ਰਚਿਆ ਹੋਇਆ ਇਹ) ਸਾਰਾ ਜਗਤ ਹੈ । ਸਾਰੇ ਜੀਵ ਤੇਰੀ ਹੀ ਸਰਨ ਵਿਚ ਹਨ । ਹੇ ਭਾਈ! ਪ੍ਰਭੂ ਆਪ ਹੀ ਸਭ ਜੀਵਾਂ ਦੇ ਅੰਦਰ ਗੁਪਤ ਰੂਪ ਵਿਚ ਮੌਜੂਦ ਹੈ । ਗੁਰੂ ਦੇ ਸ਼ਬਦ ਦੀ ਰਾਹੀਂ ਉਸ ਨਾਲ ਸਾਂਝ ਪੈ ਸਕਦੀ ਹੈ ।੧।

ਹੇ ਭਾਈ! ਹਰੀ ਦੇ ਖ਼ਜ਼ਾਨੇ ਵਿਚ ਭਗਤੀ ਦੇ ਭੰਡਾਰੇ ਭਰੇ ਪਏ ਹਨ । ਗੁਰੂ ਦੇ ਸ਼ਬਦ ਦੀ ਰਾਹੀਂ ਆਪ ਹੀ ਪ੍ਰਭੂ ਇਹ ਸੂਝ ਬਖ਼ਸ਼ਦਾ ਹੈ ।

ਹੇ ਪ੍ਰਭੂ! ਜੋ ਤੈਨੂੰ ਚੰਗਾ ਲੱਗਦਾ ਹੈ, ਉਹੀ ਕੁਝ ਜੀਵ ਕਰਦੇ ਹਨ । ਹੇ ਭਾਈ! (ਪ੍ਰਭੂ ਦੀ ਰਜ਼ਾ ਨਾਲ ਹੀ) ਜੀਵ ਦਾ ਮਨ ਉਸ ਸਦਾ-ਥਿਰ ਪ੍ਰਭੂ ਨਾਲ ਜੁੜ ਸਕਦਾ ਹੈ ।੨।

ਹੇ ਭਾਈ! ਪ੍ਰਭੂ ਆਪ ਹੀ (ਕੀਮਤੀ) ਹੀਰਾ ਹੈ ਆਪ ਹੀ ਅਮੋਲਕ ਰਤਨ ਹੈ । ਪ੍ਰਭੂ ਆਪ ਹੀ ਆਪਣੀ ਮਿਹਰ ਦੀ ਨਿਗਾਹ ਨਾਲ (ਇਸ ਹੀਰੇ ਦੀ) ਪਰਖ ਕਰਦਾ ਹੈ । ਹੇ ਪ੍ਰਭੂ! ਸਾਰੇ ਹੀ ਜੀਵ ਤੇਰੀ ਹੀ ਸਰਨ ਵਿਚ ਹਨ । ਤੂੰ ਆਪ ਹੀ ਕਿਰਪਾ ਕਰ ਕੇ (ਆਪਣੇ ਨਾਲ) ਡੂੰਘੀ ਸਾਂਝ ਪੈਦਾ ਕਰਦਾ ਹੈਂ ।੩।

ਹੇ ਪ੍ਰਭੂ! ਜਿਸ ਮਨੁੱਖ ਉੱਤੇ ਧੁਰੋਂ ਤੇਰੀ ਹਜ਼ੂਰੀ ਤੋਂ ਤੇਰੀ ਮਿਹਰ ਦੀ ਨਿਗਾਹ ਹੋਵੇ, ਉਹ ਮੁੜ ਮੁੜ ਜੰਮਦਾ ਮਰਦਾ ਨਹੀਂ, ਉਸ ਦਾ ਜਨਮ ਮਰਨ ਦਾ ਚੱਕਰ ਮੁੱਕ ਜਾਂਦਾ ਹੈ ।

ਹੇ ਭਾਈ! (ਜਿਸ ਉੱਤੇ ਉਸ ਦੀ ਨਿਗਾਹ ਹੋਵੇ, ਉਹ) ਦਿਨ ਰਾਤ ਸਦਾ-ਥਿਰ ਪ੍ਰਭੂ ਦੇ ਗੁਣ ਗਾਂਦਾ ਹੈ, ਹਰੇਕ ਜੁਗ ਵਿਚ ਉਹ ਉਸ ਪ੍ਰਭੂ ਨੂੰ ਹੀ (ਵੱਸਦਾ) ਸਮਝਦਾ ਹੈ ।੪।

ਮਾਇਆ ਮੋਹਿ ਸਭੁ ਜਗਤੁ ਉਪਾਇਆ ॥ ਬ੍ਰਹਮਾ ਬਿਸਨੁ ਦੇਵ ਸਬਾਇਆ ॥ ਜੋ ਤੁਧੁ ਭਾਣੇ ਸੇ ਨਾਮਿ ਲਾਗੇ ਗਿਆਨ ਮਤੀ ਪਛਾਤਾ ਹੇ ॥੫॥ ਪਾਪ ਪੁੰਨ ਵਰਤੈ ਸੰਸਾਰਾ ॥ ਹਰਖੁ ਸੋਗੁ ਸਭੁ ਦੁਖੁ ਹੈ ਭਾਰਾ ॥ ਗੁਰਮੁਖਿ ਹੋਵੈ ਸੋ ਸੁਖੁ ਪਾਏ ਜਿਨਿ ਗੁਰਮੁਖਿ ਨਾਮੁ ਪਛਾਤਾ ਹੇ ॥੬॥ ਕਿਰਤੁ ਨ ਕੋਈ ਮੇਟਣਹਾਰਾ ॥ ਗੁਰ ਕੈ ਸਬਦੇ ਮੋਖ ਦੁਆਰਾ ॥ ਪੂਰਬਿ ਲਿਖਿਆ ਸੋ ਫਲੁ ਪਾਇਆ ਜਿਨਿ ਆਪੁ ਮਾਰਿ ਪਛਾਤਾ ਹੇ ॥੭॥ ਮਾਇਆ ਮੋਹਿ ਹਰਿ ਸਿਉ ਚਿਤੁ ਨ ਲਾਗੈ ॥ ਦੂਜੈ ਭਾਇ ਘਣਾ ਦੁਖੁ ਆਗੈ ॥ ਮਨਮੁਖ ਭਰਮਿ ਭੁਲੇ ਭੇਖਧਾਰੀ ਅੰਤ ਕਾਲਿ ਪਛੁਤਾਤਾ ਹੇ ॥੮॥ {ਪੰਨਾ ੧੦੫੨}

ਪਦ ਅਰਥ :—ਮੋਹਿ—ਮੋਹ ਵਿਚ, ਮੋਹ ਦੇ ਅਧੀਨ । ਉਪਾਇਆ—ਪੈਦਾ ਕੀਤਾ ਹੈ । ਸਬਾਇਆ—ਸਾਰੇ । ਤੁਧੁ ਭਾਣੇ—ਤੈਨੂੰ ਚੰਗੇ ਲੱਗੇ । ਸੇ—ਉਹ {ਬਹੁ-ਵਚਨ} । ਨਾਮਿ—ਨਾਮ ਵਿਚ । ਗਿਆਨ ਮਤੀ—ਆਤਮਕ ਜੀਵਨ ਦੀ ਸੂਝ ਵਾਲੀ ਮਤਿ ਦੀ ਰਾਹੀਂ । ਪਛਾਤਾ—ਸਾਂਝ ਪਾਈ ਹੈ ।੫।

ਸੰਸਾਰਾ—ਜਗਤ ਵਿਚ । ਹਰਖੁ—ਖ਼ੁਸ਼ੀ । ਸੋਗੁ—ਗ਼ਮੀ । ਸਭੁ—ਹਰ ਥਾਂ । ਗੁਰਮੁਖਿ—ਗੁਰੂ ਦੇ ਸਨਮੁਖ । ਸੁਖੁ—ਆਤਮਕ ਆਨੰਦ । ਜਿਨਿ—ਜਿਸ (ਮਨੁੱਖ) ਨੇ ।੬।

ਕਿਰਤੁ—ਪਿਛਲੇ ਕੀਤੇ ਕਰਮਾਂ ਦੇ ਸੰਸਕਾਰਾਂ ਦਾ ਇਕੱਠ । ਕੈ ਸਬਦੇ—ਦੇ ਸ਼ਬਦ ਦੀ ਰਾਹੀਂ ਹੀ । ਮੋਖ ਦੁਆਰਾ—('ਕਿਰਤ' ਤੋਂ) ਖ਼ਲਾਸੀ ਦਾ ਦਰਵਾਜ਼ਾ । ਪੂਰਬਿ—ਪੂਰਬਲੇ ਜਨਮ ਵਿਚ । ਆਪੁ—ਆਪਾ-ਭਾਵ । ਮਾਰਿ—ਮਾਰ ਕੇ ।੭।

ਮੋਹਿ—ਮੋਹ ਦੇ ਕਾਰਨ । ਸਿਉ—ਨਾਲ । ਦੂਜੈ ਭਾਇ—ਮਾਇਆ ਦੇ ਪਿਆਰ ਦੇ ਕਾਰਨ । ਘਣਾ—ਬਹੁਤ । ਆਗੈ—ਪਰਲੋਕ ਵਿਚ, ਜੀਵਨ-ਸਫ਼ਰ ਵਿਚ

। ਮਨਮੁਖ—ਮਨ ਦੇ ਮੁਰੀਦ । ਭਰਮਿ—ਭਟਕਣਾ ਦੇ ਕਾਰਨ । ਭੁਲੇ—ਕੁਰਾਹੇ ਪਏ ਰਹਿੰਦੇ ਹਨ । ਭੇਖ ਧਾਰੀ—ਧਾਰਮਿਕ ਪਹਿਰਾਵਾ ਰੱਖਣ ਵਾਲੇ । ਅੰਤ ਕਾਲਿ—ਅਖ਼ੀਰ ਵੇਲੇ ।੮।

ਅਰਥ :—ਹੇ ਪ੍ਰਭੂ! ਬ੍ਰਹਮਾ, ਵਿਸ਼ਨੂ, ਸਾਰੇ ਹੀ ਦੇਵਤੇ (ਜੋ ਭੀ ਜਗਤ ਵਿਚ ਪੈਦਾ ਹੋਇਆ ਹੈ) ਇਹ ਸਾਰਾ ਹੀ ਜਗਤ ਤੂੰ ਮਾਇਆ ਦੇ ਮੋਹ ਵਿਚ (ਹੀ) ਪੈਦਾ ਕੀਤਾ ਹੈ (ਸਭਨਾਂ ਉਤੇ ਮਾਇਆ ਦਾ ਪ੍ਰਭਾਵ ਹੈ) । ਜਿਹੜੇ ਤੈਨੂੰ ਚੰਗੇ ਲੱਗਦੇ ਹਨ, ਉਹ ਤੇਰੇ ਨਾਮ ਵਿਚ ਜੁੜਦੇ ਹਨ । ਆਤਮਕ ਜੀਵਨ ਦੀ ਸੂਝ ਵਾਲੀ ਮਤਿ ਦੀ ਰਾਹੀਂ ਹੀ ਤੇਰੇ ਨਾਲ ਜਾਣ-ਪਛਾਣ ਬਣਦੀ ਹੈ ।੫।

ਹੇ ਭਾਈ! ਸਾਰੇ ਜਗਤ ਵਿਚ (ਮਾਇਆ ਦੇ ਪ੍ਰਭਾਵ ਹੇਠ ਹੀ) ਪਾਪਾਂ ਤੇ ਪੁੰਨਾਂ ਦਾ ਵਰਤਾਰਾ ਹੋ ਰਿਹਾ ਹੈ । (ਮਾਇਆ ਦੇ ਮੋਹ ਵਿਚ ਹੀ) ਹਰ ਥਾਂ ਕਿਤੇ ਖ਼ੁਸ਼ੀ ਹੈ ਅਤੇ ਗ਼ਮੀ ਹੈ (ਮਾਇਆ ਦੇ ਮੋਹ ਦਾ) ਭਾਰਾ ਦੁੱਖ (ਜਗਤ ਨੂੰ ਵਿਆਪ ਰਿਹਾ ਹੈ) । ਜਿਸ ਮਨੁੱਖ ਨੇ ਗੁਰੂ ਦੀ ਸਰਨ ਪੈ ਕੇ ਹਰਿ ਨਾਮ ਨਾਲ ਸਾਂਝ ਪਾਈ ਹੈ, ਜਿਹੜਾ ਗੁਰੂ ਦੇ ਸਨਮੁਖ ਰਹਿੰਦਾ ਹੈ ਉਹੀ ਆਤਮਕ ਆਨੰਦ ਮਾਣਦਾ ਹੈ ।੬।

ਹੇ ਭਾਈ! ਕੋਈ ਮਨੁੱਖ ਪਿਛਲੇ ਕੀਤੇ ਕਰਮਾਂ ਦੀ ਕਮਾਈ ਮਿਟਾ ਨਹੀਂ ਸਕਦਾ । (ਪਿਛਲੇ ਕੀਤੇ ਕਰਮਾਂ ਤੋਂ) ਖ਼ਲਾਸੀ ਦਾ ਰਸਤਾ ਗੁਰੂ ਦੇ ਸ਼ਬਦ ਦੀ ਰਾਹੀਂ ਹੀ ਲੱਭਦਾ ਹੈ । ਜਿਸ ਮਨੁੱਖ ਨੇ ਆਪਾ-ਭਾਵ ਮਿਟਾ ਕੇ (ਹਰਿ-ਨਾਮ ਨਾਲ) ਸਾਂਝ ਪਾ ਲਈ, ਉਸ ਨੇ ਭੀ ਜੋ ਕੁਝ ਪੂਰਬਲੇ ਜਨਮ ਵਿਚ ਕਮਾਈ ਕੀਤੀ, ਉਹੀ ਫਲ ਹੁਣ ਪ੍ਰਾਪਤ ਕੀਤਾ ।੭।

ਹੇ ਭਾਈ! ਮਾਇਆ ਦੇ ਮੋਹ ਦੇ ਕਾਰਨ ਪਰਮਾਤਮਾ ਨਾਲ ਮਨ ਜੁੜ ਨਹੀਂ ਸਕਦਾ । ਮਾਇਆ ਦੇ ਮੋਹ ਵਿਚ ਫਸੇ ਰਿਹਾਂ ਜੀਵਨ-ਸਫ਼ਰ ਵਿਚ ਬਹੁਤ ਦੁੱਖ ਵਾਪਰਦਾ ਹੈ । ਮਨ ਦੇ ਮੁਰੀਦ ਮਨੁੱਖ ਧਾਰਮਿਕ ਪਹਿਰਾਵਾ ਪਾ ਕੇ ਭੀ ਭਟਕਣਾ ਦੇ ਕਾਰਨ ਕੁਰਾਹੇ ਹੀ ਪਏ ਰਹਿੰਦੇ ਹਨ । ਆਖ਼ਰ ਵੇਲੇ ਪਛੁਤਾਣਾ ਪੈਂਦਾ ਹੈ ।੮।

ਹਰਿ ਕੈ ਭਾਣੈ ਹਰਿ ਗੁਣ ਗਾਏ ॥ ਸਭਿ ਕਿਲਬਿਖ ਕਾਟੇ ਦੂਖ ਸਬਾਏ ॥ ਹਰਿ ਨਿਰਮਲੁ ਨਿਰਮਲ ਹੈ ਬਾਣੀ ਹਰਿ ਸੇਤੀ ਮਨੁ ਰਾਤਾ ਹੇ ॥੯॥ ਜਿਸ ਨੋ ਨਦਰਿ ਕਰੇ ਸੋ ਗੁਣ ਨਿਧਿ ਪਾਏ ॥ ਹਉਮੈ ਮੇਰਾ ਠਾਕਿ ਰਹਾਏ ॥ ਗੁਣ ਅਵਗਣ ਕਾ ਏਕੋ ਦਾਤਾ ਗੁਰਮੁਖਿ ਵਿਰਲੀ ਜਾਤਾ ਹੇ ॥੧੦॥ ਮੇਰਾ ਪ੍ਰਭੁ ਨਿਰਮਲੁ ਅਤਿ ਅਪਾਰਾ ॥ ਆਪੇ ਮੇਲੈ ਗੁਰ ਸਬਦਿ ਵੀਚਾਰਾ ॥ ਆਪੇ ਬਖਸੇ ਸਚੁ ਦ੍ਰਿੜਾਏ ਮਨੁ ਤਨੁ ਸਾਚੈ ਰਾਤਾ ਹੇ ॥੧੧॥ ਮਨੁ ਤਨੁ ਮੈਲਾ ਵਿਚਿ ਜੋਤਿ ਅਪਾਰਾ ॥ ਗੁਰਮਤਿ ਬੂਝੈ ਕਰਿ ਵੀਚਾਰਾ ॥ ਹਉਮੈ ਮਾਰਿ ਸਦਾ ਮਨੁ ਨਿਰਮਲੁ ਰਸਨਾ ਸੇਵਿ ਸੁਖਦਾਤਾ ਹੇ ॥੧੨॥ {ਪੰਨਾ ੧੦੫੨}

ਪਦ ਅਰਥ :—ਕੈ ਭਾਣੈ—ਦੀ ਰਜ਼ਾ ਵਿਚ (ਰਹਿ ਕੇ) । ਸਭਿ—ਸਾਰੇ । ਕਿਲਬਿਖ—ਪਾਪ । ਸਬਾਏ—ਸਾਰੇ । ਨਿਰਮਲੁ—ਮਲ-ਰਹਿਤ, ਵਿਕਾਰਾਂ ਦੀ ਮੈਲ ਤੋਂ ਰਹਿਤ । ਸੇਤੀ—ਨਾਲ ।੯।

ਜਿਸ ਨੋ—{ਸੰਬੰਧਕ 'ਨੋ' ਦੇ ਕਾਰਨ ਲਫ਼ਜ਼ 'ਜਿਸੁ' ਦਾ ੁ ਉੱਡ ਗਿਆ ਹੈ} । ਗੁਣ ਨਿਧਿ—ਗੁਣਾਂ ਦਾ ਖ਼ਜ਼ਾਨਾ । ਮੇਰਾ—'ਮੇਰੀ ਮੇਰੀ' ਦਾ ਭਾਵ, ਮਮਤਾ । ਠਾਕਿ ਰਹਾਏ—ਰੋਕ ਰੱਖਦਾ ਹੈ । ਦਾਤਾ—ਦੇਣ ਵਾਲਾ । ਵਿਰਲੀ—ਵਿਰਲਿਆਂ ਨੇ ।੧੦।

ਅਪਾਰਾ—ਬੇਅੰਤ । ਸਬਦਿ—ਸ਼ਬਦ ਦੀ ਰਾਹੀਂ । ਸਚੁ—ਸਦਾ-ਥਿਰ ਹਰਿ-ਨਾਮ । ਦ੍ਰਿੜਾਏ—ਹਿਰਦੇ ਵਿਚ ਪੱਕਾ ਕਰਦਾ ਹੈ । ਸਾਚੈ—ਸਦਾ-ਥਿਰ ਪ੍ਰਭੂ ਵਿਚ ।੧੧।

ਜੋਤਿ ਅਪਾਰਾ—ਬੇਅੰਤ ਪ੍ਰਭੂ ਦੀ ਜੋਤਿ । ਬੂਝੈ—ਸਮਝਦਾ ਹੈ । ਕਰਿ—ਕਰ ਕੇ । ਮਾਰਿ—ਮਾਰ ਕੇ । ਰਸਨਾ—ਜੀਭ ਨਾਲ । ਸੇਵਿ—ਜਪ ਕੇ ।੧੨।

ਅਰਥ :—ਹੇ ਭਾਈ! ਜਿਹੜਾ ਮਨੁੱਖ ਪਰਮਾਤਮਾ ਦੀ ਰਜ਼ਾ ਵਿਚ ਰਹਿ ਕੇ ਪਰਮਾਤਮਾ ਦੇ ਗੁਣ ਗਾਂਦਾ ਹੈ, ਉਹ ਆਪਣੇ ਸਾਰੇ ਪਾਪ ਸਾਰੇ ਦੁੱਖ (ਆਪਣੇ ਅੰਦਰੋਂ) ਕੱਟ ਦੇਂਦਾ ਹੈ । ਉਸ ਦਾ ਮਨ ਉਸ ਪ੍ਰਭੂ ਨਾਲ ਰੱਤਾ ਰਹਿੰਦਾ ਹੈ, ਜੋ ਵਿਕਾਰਾਂ ਦੀ ਮੈਲ ਤੋਂ ਰਹਿਤ ਹੈ ਅਤੇ ਜਿਸ ਦੀ ਸਿਫ਼ਤਿ-ਸਾਲਾਹ ਦੀ ਬਾਣੀ ਭੀ ਪਵਿੱਤਰ ਹੈ ।੯।

ਹੇ ਭਾਈ! ਪਰਮਾਤਮਾ ਜਿਸ ਮਨੁੱਖ ਉਤੇ ਮਿਹਰ ਦੀ ਨਿਗਾਹ ਕਰਦਾ ਹੈ ਉਹ ਉਸ ਗੁਣਾਂ ਦੇ ਖ਼ਜ਼ਾਨੇ ਹਰੀ ਦਾ ਮਿਲਾਪ ਹਾਸਲ ਕਰ ਲੈਂਦਾ ਹੈ, ਉਹ ਮਨੁੱਖ ਆਪਣੇ ਅੰਦਰੋਂ ਹਉਮੈ ਤੇ ਮਮਤਾ (ਦੇ ਪ੍ਰਭਾਵ) ਨੂੰ ਰੋਕ ਦੇਂਦਾ ਹੈ । ਹੇ ਭਾਈ! ਗੁਰੂ ਦੇ ਸਨਮੁਖ ਰਹਿਣ ਵਾਲੇ ਵਿਰਲਿਆਂ ਨੇ ਇਹ ਸਮਝਿਆ ਹੈ ਕਿ ਗੁਣ ਦੇਣ ਵਾਲਾ ਅਤੇ ਔਗੁਣ ਪੈਦਾ ਕਰਨ ਵਾਲਾ ਸਿਰਫ਼ ਪਰਮਾਤਮਾ ਹੀ ਹੈ ।੧੦।

ਹੇ ਭਾਈ! ਮੇਰਾ ਪ੍ਰਭੂ ਬੜਾ ਬੇਅੰਤ ਹੈ ਅਤੇ ਵਿਕਾਰਾਂ ਦੇ ਪ੍ਰਭਾਵ ਤੋਂ ਪਰੇ ਹੈ । ਗੁਰੂ ਦੇ ਸ਼ਬਦ ਦੀ ਰਾਹੀਂ (ਆਪਣੇ ਗੁਣਾਂ ਦੀ) ਵਿਚਾਰ ਬਖ਼ਸ਼ ਕੇ ਉਹ ਆਪ ਹੀ (ਜੀਵ ਨੂੰ ਆਪਣੇ ਨਾਲ) ਮਿਲਾਂਦਾ ਹੈ । ਜਿਸ ਉਤੇ ਉਹ ਆਪ ਹੀ ਬਖ਼ਸ਼ਸ਼ ਕਰਦਾ ਹੈ, ਉਸ ਦੇ ਹਿਰਦੇ ਵਿਚ ਆਪਣਾ ਸਦਾ-ਥਿਰ ਨਾਮ ਪੱਕਾ ਕਰ ਦੇਂਦਾ ਹੈ; ਉਸ ਮਨੁੱਖ ਦਾ ਮਨ ਉਸ ਦਾ ਤਨ ਸਦਾ-ਥਿਰ ਹਰਿ-ਨਾਮ ਵਿਚ ਰੰਗਿਆ ਜਾਂਦਾ ਹੈ ।੧੧।

ਹੇ ਭਾਈ! (ਵਿਕਾਰਾਂ ਦੇ ਕਾਰਨ ਮਨੁੱਖ ਦਾ) ਮਨ ਅਤੇ ਤਨ ਗੰਦਾ ਹੋਇਆ ਰਹਿੰਦਾ ਹੈ, (ਫਿਰ ਭੀ ਉਸ ਦੇ) ਅੰਦਰ ਬੇਅੰਤ ਪਰਮਾਤਮਾ ਦੀ ਜੋਤਿ ਮੌਜੂਦ ਹੈ । ਜਦੋਂ ਗੁਰੂ ਦੀ ਮਤਿ ਦੀ ਰਾਹੀਂ ਉਹ ਵਿਚਾਰ ਕਰ ਕੇ (ਆਤਮਕ ਜੀਵਨ ਦੇ ਭੇਤ ਨੂੰ) ਸਮਝਦਾ ਹੈ, ਤਦੋਂ ਹਉਮੈ ਨੂੰ ਦੂਰ ਕਰ ਕੇ, ਅਤੇ ਜੀਭ ਨਾਲ ਸੁਖਾਂ ਦੇ ਦਾਤੇ ਪ੍ਰਭੂ ਦਾ ਨਾਮ ਜਪ ਕੇ, ਉਸ ਦਾ ਮਨ ਸਦਾ ਲਈ ਪਵਿੱਤਰ ਹੋ ਜਾਂਦਾ ਹੈ ।੧੨।

ਗੜ ਕਾਇਆ ਅੰਦਰਿ ਬਹੁ ਹਟ ਬਾਜਾਰਾ ॥ ਤਿਸੁ ਵਿਚਿ ਨਾਮੁ ਹੈ ਅਤਿ ਅਪਾਰਾ ॥ ਗੁਰ ਕੈ ਸਬਦਿ ਸਦਾ ਦਰਿ ਸੋਹੈ ਹਉਮੈ ਮਾਰਿ ਪਛਾਤਾ ਹੇ ॥੧੩॥ ਰਤਨੁ ਅਮੋਲਕੁ ਅਗਮ ਅਪਾਰਾ ॥ ਕੀਮਤਿ ਕਵਣੁ ਕਰੇ ਵੇਚਾਰਾ ॥ ਗੁਰ ਕੈ ਸਬਦੇ ਤੋਲਿ ਤੋਲਾਏ ਅੰਤਰਿ ਸਬਦਿ ਪਛਾਤਾ ਹੇ ॥੧੪॥ ਸਿਮ੍ਰਿਤਿ ਸਾਸਤ੍ਰ ਬਹੁਤ

ਬਿਸਥਾਰਾ ॥ ਮਾਇਆ ਮੋਹੁ ਪਸਰਿਆ ਪਾਸਾਰਾ ॥ ਮੂਰਖ ਪੜਹਿ ਸਬਦੁ ਨ ਬੂਝਹਿ ਗੁਰਮੁਖਿ ਵਿਰਲੈ ਜਾਤਾ ਹੇ ॥੧੫॥ ਆਪੇ ਕਰਤਾ ਕਰੇ ਕਰਾਏ ॥ ਸਚੀ ਬਾਣੀ ਸਚੁ ਦ੍ਰਿੜਾਏ ॥ ਨਾਨਕ ਨਾਮੁ ਮਿਲੈ ਵਡਿਆਈ ਜੁਗਿ ਜੁਗਿ ਏਕੋ ਜਾਤਾ ਹੇ ॥੧੬॥੯॥ {ਪੰਨਾ ੧੦੫੩}

ਪਦ ਅਰਥ :—ਗੜ—ਗੜ੍ਹ, ਕਿਲ੍ਹਾ । ਕਾਇਆ—ਸਰੀਰ । ਹਟ—ਹੱਟ {ਬਹੁ-ਵਚਨ । ਮਨ ਗਿਆਨ-ਇੰਦ੍ਰੇ ਆਦਿਕ} । ਤਿਸੁ ਵਿਚਿ—ਇਸ (ਸਰੀਰ-ਕਿਲ੍ਹੇ) ਵਿਚ । ਅਤਿ ਅਪਾਰਾ—ਬਹੁਤ ਕੀਮਤੀ । ਕੈ ਸਬਦਿ—ਦੇ ਸ਼ਬਦ ਦੀ ਰਾਹੀਂ (ਵਿਹਾਝਿਆ) । ਦਰਿ—(ਪ੍ਰਭੂ ਦੇ) ਦਰ ਤੇ । ਸੋਹੈ—ਸੋਭਦਾ ਹੈ, ਆਦਰ ਪਾਂਦਾ ਹੈ । ਮਾਰਿ—ਮਾਰ ਕੇ ।੧੩।

ਰਤਨੁ—ਨਾਮ-ਰਤਨ । ਅਮੋਲਕੁ—ਅ-ਮੋਲਕੁ, ਕੋਈ ਦੁਨੀਆਵੀ ਪਦਾਰਥ ਜਿਸ ਦੇ ਬਰਾਬਰ ਦੀ ਕੀਮਤ ਦਾ ਨ ਹੋਵੇ । ਸਬਦੇ—ਸ਼ਬਦ ਦੀ ਰਾਹੀਂ । ਤੋਲਿ—ਤੋਲ ਕੇ, ਪਰਖ ਕੇ । ਤੋਲਾਏ—(ਜਿਹੜਾ ਮਨੁੱਖ) ਵਣਜ ਕਰਦਾ ਹੈ, ਖ਼ਰੀਦਦਾ ਹੈ । ਅੰਤਰਿ—ਆਪਣੇ ਅੰਦਰ ਹੀ । ਸਬਦਿ—ਸ਼ਬਦ ਦੀ ਰਾਹੀਂ ।੧੪।

ਬਿਸਥਾਰਾ—(ਕਰਮ ਕਾਂਡ ਆਦਿਕ ਦਾ) ਖਿਲਾਰਾ । ਪੜਹਿ—ਪੜ੍ਹਦੇ ਹਨ {ਬਹੁ-ਵਚਨ} ।੧੫।

ਆਪੇ—ਆਪ ਹੀ । ਸਚੀ ਬਾਣੀ—ਸਿਫ਼ਤਿ-ਸਾਲਾਹ ਦੀ ਬਾਣੀ ਦੀ ਰਾਹੀਂ । ਸਚੁ—ਸਦਾ-ਥਿਰ ਹਰਿ-ਨਾਮ । ਦ੍ਰਿੜਾਏ—(ਹਿਰਦੇ ਵਿਚ) ਪੱਕਾ ਕਰਦਾ ਹੈ । ਜੁਗਿ ਜੁਗਿ—ਹਰੇਕ ਜੁਗ ਵਿਚ ।੧੬।

ਅਰਥ :—ਹੇ ਭਾਈ! ਇਸ ਸਰੀਰ-ਕਿਲ੍ਹੇ ਵਿਚ (ਮਨ ਗਿਆਨ-ਇੰਦ੍ਰੇ ਆਦਿਕ) ਕਈ ਹੱਟ ਹਨ ਕਈ ਬਜ਼ਾਰ ਹਨ (ਜਿੱਥੇ ਪਰਮਾਤਮਾ ਦੇ ਨਾਮ-ਵੱਖਰ ਦਾ ਸੌਦਾ ਕੀਤਾ ਜਾ ਸਕਦਾ ਹੈ) । ਇਸ (ਸਰੀਰ-ਕਿਲ੍ਹੇ) ਦੇ ਵਿਚ (ਹੀ) ਪਰਮਾਤਮਾ ਦਾ ਬਹੁਤ ਕੀਮਤੀ ਨਾਮ-ਪਦਾਰਥ ਹੈ । ਜਿਹੜਾ ਮਨੁੱਖ ਗੁਰੂ ਦੇ ਸ਼ਬਦ ਦੀ ਰਾਹੀਂ (ਨਾਮ-ਵੱਖਰ ਖ਼ਰੀਦਦਾ ਹੈ, ਉਹ ਮਨੁੱਖ) ਪਰਮਾਤਮਾ ਦੇ ਦਰ ਤੇ ਸਦਾ ਆਦਰ ਪਾਂਦਾ ਹੈ, (ਆਪਣੇ ਅੰਦਰੋਂ) ਹਉਮੈ ਦੂਰ ਕਰ ਕੇ (ਉਹ ਮਨੁੱਖ ਇਸ ਨਾਮ-ਰਤਨ ਦੀ) ਕਦਰ ਸਮਝਦਾ ਹੈ ।੧੩।

ਹੇ ਭਾਈ! ਕੋਈ ਭੀ ਦੁਨੀਆਵੀ ਪਦਾਰਥ ਅਪਹੁੰਚ ਤੇ ਬੇਅੰਤ ਪਰਮਾਤਮਾ ਦੇ ਨਾਮ-ਰਤਨ ਦੀ ਬਰਾਬਰ ਦੀ ਕੀਮਤ ਦਾ ਨਹੀਂ ਹੈ । ਜੀਵ ਵਿਚਾਰਾ ਇਸ ਨਾਮ-ਰਤਨ ਦਾ ਮੁੱਲ ਪਾ ਹੀ ਨਹੀਂ ਸਕਦਾ । ਜਿਹੜਾ ਮਨੁੱਖ ਗੁਰੂ ਦੇ ਸ਼ਬਦ ਦੀ ਰਾਹੀਂ ਇਸ ਨਾਮ-ਰਤਨ ਨੂੰ ਪਰਖ ਕੇ ਖ਼ਰੀਦਦਾ ਹੈ, ਉਹ ਸ਼ਬਦ ਦੀ ਬਰਕਤਿ ਨਾਲ ਆਪਣੇ ਅੰਦਰ ਹੀ ਇਸ ਨੂੰ ਲੱਭ ਲੈਂਦਾ ਹੈ ।੧੪।

ਹੇ ਭਾਈ! ਸਿਮ੍ਰਿਤੀਆਂ ਸ਼ਾਸਤਰ (ਆਦਿਕ ਧਰਮ ਪੁਸਤਕ ਹਰਿ-ਨਾਮ ਤੋਂ ਬਿਨਾ ਹੋਰ) ਬਹੁਤ ਵਿਚਾਰ-ਖਿਲਾਰਾ ਖਿਲਾਰਦੇ ਹਨ, (ਪਰ ਉਹਨਾਂ ਵਿਚ) ਮਾਇਆ ਦਾ ਮੋਹ ਹੀ ਹੈ (ਕਰਮ ਕਾਂਡ ਦਾ ਹੀ) ਖਿਲਾਰਾ ਖਿਲਾਰਿਆ ਹੋਇਆ ਹੈ । (ਨਾਮ ਵਲੋਂ ਖੁੰਝੇ ਹੋਏ) ਮੂਰਖ (ਉਹਨਾਂ ਪੁਸਤਕਾਂ ਨੂੰ) ਪੜ੍ਹਦੇ ਹਨ, ਪਰ ਸਿਫ਼ਤਿ-ਸਾਲਾਹ ਦੀ ਬਾਣੀ ਦੀ ਕਦਰ ਨਹੀਂ ਸਮਝਦੇ । ਗੁਰੂ ਦੇ ਸਨਮੁਖ ਰਹਿਣ ਵਾਲੇ ਵਿਰਲੇ ਮਨੁੱਖ ਨੇ (ਸ਼ਬਦ ਦੀ ਕਦਰ) ਸਮਝ ਲਈ ਹੈ ।੧੫।

(ਪਰ ਹੇ ਭਾਈ! ਜੀਵਾਂ ਦੇ ਕੀਹ ਵੱਸ?) ਕਰਤਾਰ ਆਪ ਹੀ (ਜੀਵਾਂ ਵਿਚ ਵਿਆਪਕ ਹੋ ਕੇ ਸਭ ਕੁਝ) ਕਰ ਰਿਹਾ ਹੈ ਤੇ (ਜੀਵਾਂ ਪਾਸੋਂ) ਕਰਾ ਰਿਹਾ ਹੈ । (ਜਿਸ ਉਤੇ ਮਿਹਰ ਕਰਦਾ ਹੈ) ਸਿਫ਼ਤਿ-ਸਾਲਾਹ ਦੀ ਬਾਣੀ ਦੀ ਰਾਹੀਂ (ਉਸ ਦੇ ਹਿਰਦੇ ਵਿਚ) ਸਦਾ-ਥਿਰ ਹਰਿ-ਨਾਮ ਪੱਕਾ ਕਰ ਦੇਂਦਾ ਹੈ । ਹੇ ਨਾਨਕ! ਜਿਸ ਮਨੁੱਖ ਨੂੰ ਪ੍ਰਭੂ ਦਾ ਨਾਮ ਮਿਲ ਜਾਂਦਾ ਹੈ ਉਸ ਨੂੰ (ਲੋਕ ਪਰਲੋਕ ਦੀ) ਇੱਜ਼ਤ ਮਿਲ ਜਾਂਦੀ ਹੈ । ਉਹ ਮਨੁੱਖ ਹਰੇਕ ਜੁਗ ਵਿਚ ਇਕ ਪਰਮਾਤਮਾ ਨੂੰ ਹੀ ਵਿਆਪਕ ਸਮਝਦਾ ਹੈ ।੧੬।੯।

ਮਾਰੂ ਮਹਲਾ ੩ ॥ ਸੋ ਸਚੁ ਸੇਵਿਹੁ ਸਿਰਜਣਹਾਰਾ ॥ ਸਬਦੇ ਦੂਖ ਨਿਵਾਰਣਹਾਰਾ ॥ ਅਗਮੁ ਅਗੋਚਰੁ ਕੀਮਤਿ ਨਹੀ ਪਾਈ ਆਪੇ ਅਗਮ ਅਥਾਹਾ ਹੇ ॥੧॥ ਆਪੇ ਸਚਾ ਸਚੁ ਵਰਤਾਏ ॥ ਇਕਿ ਜਨ ਸਾਚੈ ਆਪੇ ਲਾਏ ॥ ਸਾਚੋ ਸੇਵਹਿ ਸਾਚੁ ਕਮਾਵਹਿ ਨਾਮੇ ਸਚਿ ਸਮਾਹਾ ਹੇ ॥੨॥ ਧੁਰਿ ਭਗਤਾ ਮੇਲੇ ਆਪਿ ਮਿਲਾਏ ॥ ਸਚੀ ਭਗਤੀ ਆਪੇ ਲਾਏ ॥ ਸਾਚੀ ਬਾਣੀ ਸਦਾ ਗੁਣ ਗਾਵੈ ਇਸੁ ਜਨਮੈ ਕਾ ਲਾਹਾ ਹੇ ॥੩॥ ਗੁਰਮੁਖਿ ਵਣਜੁ ਕਰਹਿ ਪਰੁ ਆਪੁ ਪਛਾਣਹਿ ॥ ਏਕਸ ਬਿਨੁ ਕੋ ਅਵਰੁ ਨ ਜਾਣਹਿ ॥ ਸਚਾ ਸਾਹੁ ਸਚੇ ਵਣਜਾਰੇ ਪੂੰਜੀ ਨਾਮੁ ਵਿਸਾਹਾ ਹੇ ॥੪॥ {ਪੰਨਾ ੧੦੫੩}

ਪਦ ਅਰਥ :—ਸਚੁ—ਸਦਾ ਕਾਇਮ ਰਹਿਣ ਵਾਲਾ ਪਰਮਾਤਮਾ । ਸੇਵਿਹੁ—ਸਿਮਰਿਆ ਕਰੋ । ਸਬਦੇ—ਸ਼ਬਦ ਵਿਚ (ਜੋੜ ਕੇ) । ਨਿਵਾਰਣਹਾਰਾ—ਦੂਰ ਕਰ ਸਕਣ ਵਾਲਾ । ਅਗਮੁ—ਅਪਹੁੰਚ । ਅਗੋਚਰੁ—{ਅ-ਗੋ-ਚਰੁ} ਜਿਸ ਤਕ ਗਿਆਨ-ਇੰਦ੍ਰਿਆਂ ਦੀ ਪਹੁੰਚ ਨਹੀਂ ਹੋ ਸਕਦੀ । ਅਥਾਹਾ—ਜਿਸ ਦੀ ਡੂੰਘਾਈ ਨਾਹ ਲੱਭ ਸਕੇ ।੧।

ਆਪੇ—ਆਪ ਹੀ । ਸਚੁ—ਅਟੱਲ ਹੁਕਮ । ਇਕਿ—{ਲਫ਼ਜ਼ 'ਇਕ' ਤੋਂ ਬਹੁ-ਵਚਨ} ਕਈ । ਸਾਚੈ—ਸਦਾ-ਥਿਰ ਰਹਿਣ ਵਾਲੇ ਪ੍ਰਭੂ ਨੂੰ । ਸਾਚੋ—ਸਾਚੁ ਹੀ, ਸਦਾ-ਥਿਰ ਪ੍ਰਭੂ ਨੂੰ ਹੀ । ਨਾਮੇ—ਨਾਮ ਦੀ ਰਾਹੀਂ ਹੀ । ਸਚਿ—ਸਦਾ-ਥਿਰ ਪ੍ਰਭੂ ਵਿਚ ।੨।

ਧੁਰਿ—ਧੁਰੋਂ ਹੀ, ਆਪਣੇ ਹੁਕਮ ਅਨੁਸਾਰ । ਸਾਚੀ ਬਾਣੀ—ਸਦਾ-ਥਿਰ ਪ੍ਰਭੂ ਦੀ ਸਿਫ਼ਤਿ-ਸਾਲਾਹ ਦੀ ਬਾਣੀ ਦੀ ਰਾਹੀਂ । ਗਾਵੈ—ਗਾਂਦਾ ਹੈ {ਇਕ-ਵਚਨ} । ਲਾਹਾ—ਲਾਭ ।੩।

ਕਰਹਿ—ਕਰਦੇ ਹਨ । ਗੁਰਮੁਖਿ—ਗੁਰੂ ਦੇ ਸਨਮੁਖ ਰਹਿਣ ਵਾਲੇ ਬੰਦੇ । ਪਰੁ—ਪਰਾਏ ਨੂੰ । ਆਪੁ—ਆਪਣੇ ਨੂੰ । ਕੋ ਅਵਰੁ—ਕੋਈ ਹੋਰ । ਸਾਹੁ—ਜੀਵ-ਵਣਜਾਰਿਆਂ ਨੂੰ ਪੂੰਜੀ ਦੇਣ ਵਾਲਾ ਸ਼ਾਹ-ਪ੍ਰਭੂ । ਵਿਸਾਹਾ—ਵਣਜ ਕਰਦੇ ਹਨ ।੪।

ਅਰਥ :—ਹੇ ਭਾਈ! ਉਸ ਸਦਾ ਕਾਇਮ ਰਹਿਣ ਵਾਲੇ ਕਰਤਾਰ ਦਾ ਸਿਮਰਨ ਕਰਿਆ ਕਰੋ, ਉਹ ਗੁਰੂ ਦੇ ਸ਼ਬਦ ਵਿਚ ਜੋੜ ਕੇ (ਜੀਵਾਂ ਦੇ ਸਾਰੇ) ਦੁੱਖ ਦੂਰ ਕਰਨ ਦੀ ਸਮਰਥਾ ਵਾਲਾ ਹੈ । ਹੇ ਭਾਈ! ਉਹ ਅਪਹੁੰਚ ਅਗੋਚਰ ਤੇ ਅਥਾਹ ਪ੍ਰਭੂ (ਆਪਣੇ ਵਰਗਾ) ਆਪ ਹੀ ਹੈ, ਉਸ ਦਾ ਮੁੱਲ ਨਹੀਂ ਪਾਇਆ ਜਾ ਸਕਦਾ ।੧।

ਹੇ ਭਾਈ! ਉਹ ਸਦਾ ਕਾਇਮ ਰਹਿਣ ਵਾਲਾ ਪਰਮਾਤਮਾ ਆਪ ਹੀ ਆਪਣਾ ਅਟੱਲ ਹੁਕਮ ਵਰਤਾ ਰਿਹਾ ਹੈ । ਕਈ ਭਗਤ-ਜਨ ਐਸੇ ਹਨ ਜਿਨ੍ਹਾਂ ਨੂੰ ਉਸ ਸਦਾ-ਥਿਰ ਕਰਤਾਰ ਨੇ ਆਪ ਹੀ ਆਪਣੇ ਚਰਨਾਂ ਵਿਚ ਜੋੜ ਰੱਖਿਆ ਹੈ । ਉਹ ਭਗਤ-ਜਨ ਸਦਾ-ਥਿਰ ਦਾ ਹੀ ਸਿਮਰਨ ਕਰਦੇ ਰਹਿੰਦੇ ਹਨ, ਸਦਾ-ਥਿਰ ਨਾਮ (ਸਿਮਰਨ) ਦੀ ਕਮਾਈ ਕਰਦੇ ਹਨ, ਨਾਮ (ਸਿਮਰਨ ਦੀ ਬਰਕਤਿ) ਨਾਲ ਉਹ ਉਸ ਸਦਾ-ਥਿਰ ਪਰਮਾਤਮਾ ਵਿਚ ਲੀਨ ਰਹਿੰਦੇ ਹਨ ।੨।

ਹੇ ਭਾਈ! ਧੁਰ ਦਰਗਾਹ ਤੋਂ ਭਗਤਾਂ ਨੂੰ ਪ੍ਰਭੂ ਆਪ ਹੀ ਆਪਣੇ ਨਾਲ ਮਿਲਾਂਦਾ ਹੈ, ਆਪ ਹੀ ਉਹਨਾਂ ਨੂੰ ਆਪਣੀ ਸੱਚੀ ਭਗਤੀ ਵਿਚ ਜੋੜਦਾ ਹੈ । (ਉਸ ਦੀ ਆਪਣੀ ਮਿਹਰ ਨਾਲ ਹੀ ਮਨੁੱਖ) ਸਿਫ਼ਤਿ-ਸਾਲਾਹ ਦੀ ਬਾਣੀ ਦੀ ਰਾਹੀਂ ਸਦਾ ਉਸ ਦੇ ਗੁਣ ਗਾਂਦਾ ਹੈ—ਹੇ ਭਾਈ! ਇਹ ਸਿਫ਼ਤਿ-ਸਾਲਾਹ ਹੀ ਇਸ ਮਨੁੱਖਾ ਜਨਮ ਦੀ ਖੱਟੀ ਹੈ ।੩।

ਹੇ ਭਾਈ! ਜਿਹੜੇ ਮਨੁੱਖ ਗੁਰੂ ਦੀ ਸਰਨ ਪੈਂਦੇ ਹਨ ਉਹ (ਨਾਮ ਜਪਣ ਦਾ) ਵਣਜ ਕਰਦੇ ਰਹਿੰਦੇ ਹਨ, (ਇਸ ਤਰ੍ਹਾਂ ਕਿਸੇ) ਪਰਾਏ ਨੂੰ ਤੇ ਕਿਸੇ ਆਪਣੇ ਨੂੰ (ਇਉਂ) ਪਛਾਣਦੇ ਹਨ (ਕਿ ਇਹਨਾਂ ਵਿਚ) ਇਕ ਪਰਮਾਤਮਾ ਤੋਂ ਬਿਨਾ ਕੋਈ ਹੋਰ ਦੂਜਾ ਵੱਸਦਾ ਉਹ ਨਹੀਂ ਜਾਣਦੇ । (ਉਹ ਸਮਝਦੇ ਹਨ ਕਿ ਸਭਨਾਂ ਨੂੰ ਆਤਮਕ ਜੀਵਨ ਦੀ ਪੂੰਜੀ ਦੇਣ ਵਾਲਾ) ਸ਼ਾਹ-ਪਰਮਾਤਮਾ ਸਦਾ ਕਾਇਮ ਰਹਿਣ ਵਾਲਾ ਹੈ, ਜੀਵ ਉਸ ਦੇ ਸਦਾ-ਥਿਰ ਨਾਮ ਦਾ ਵਣਜ ਕਰਨ ਵਾਲੇ ਹਨ, (ਪਰਮਾਤਮਾ ਪਾਸੋਂ) ਪੂੰਜੀ (ਲੈ ਕੇ ਉਸ ਦਾ) ਨਾਮ-ਸੌਦਾ ਖ਼ਰੀਦਦੇ ਹਨ ।੪।

ਆਪੇ ਸਾਜੇ ਸ੍ਰਿਸਟਿ ਉਪਾਏ ॥ ਵਿਰਲੇ ਕਉ ਗੁਰ ਸਬਦੁ ਬੁਝਾਏ ॥ ਸਤਿਗੁਰੁ ਸੇਵਹਿ ਸੇ ਜਨ ਸਾਚੇ ਕਾਟੇ ਜਮ ਕਾ ਫਾਹਾ ਹੇ ॥੫॥ ਭੰਨੈ ਘੜੇ ਸਵਾਰੇ ਸਾਜੇ ॥ ਮਾਇਆ ਮੋਹਿ ਦੂਜੈ ਜੰਤ ਪਾਜੇ ॥ ਮਨਮੁਖ ਫਿਰਹਿ ਸਦਾ ਅੰਧੁ ਕਮਾਵਹਿ ਜਮ ਕਾ ਜੇਵੜਾ ਗਲਿ ਫਾਹਾ ਹੇ ॥੬॥ ਆਪੇ ਬਖਸੇ ਗੁਰ ਸੇਵਾ ਲਾਏ ॥ ਗੁਰਮਤੀ ਨਾਮੁ ਮੰਨਿ ਵਸਾਏ ॥ ਅਨਦਿਨੁ ਨਾਮੁ ਧਿਆਏ ਸਾਚਾ ਇਸੁ ਜਗ ਮਹਿ ਨਾਮੋ ਲਾਹਾ ਹੇ ॥੭॥ ਆਪੇ ਸਚਾ ਸਚੀ ਨਾਈ ॥ ਗੁਰਮੁਖਿ ਦੇਵੈ ਮੰਨਿ ਵਸਾਈ ॥ ਜਿਨ ਮਨਿ ਵਸਿਆ ਸੇ ਜਨ ਸੋਹਹਿ ਤਿਨ ਸਿਰਿ ਚੁਕਾ ਕਾਹਾ ਹੇ ॥੮॥ {ਪੰਨਾ ੧੦੫੩}

ਪਦ ਅਰਥ :—ਆਪੇ—ਆਪ ਹੀ । ਸਾਜੇ—ਪੈਦਾ ਕਰਦਾ ਹੈ । ਸ੍ਰਿਸਟਿ—ਜਗਤ । ਕਉ—ਨੂੰ । ਗੁਰ ਸਬਦੁ—ਗੁਰੂ ਦਾ ਸ਼ਬਦ । ਬੁਝਾਏ—ਸਮਝਾਂਦਾ ਹੈ । ਸੇਵਹਿ—ਸਰਨ ਪੈਂਦੇ ਹਨ । ਸੇ—ਉਹ {ਬਹੁ-ਵਚਨ} । ਸਾਚੇ—ਅਡੋਲ ਜੀਵਨ ਵਾਲੇ ।੫।

ਘੜੇ—ਘੜਿ, ਘੜ ਕੇ । ਸਵਾਰੇ—ਸੋਹਣੇ ਬਣਾਂਦਾ ਹੈ । ਮੋਹਿ—ਮੋਹ ਵਿਚ । ਦੂਜੈ—ਮੇਰ-ਤੇਰ ਵਿਚ । ਪਾਜੇ—ਪਾਏ ਹੋਏ ਹਨ । ਮਨਮੁਖ—ਆਪਣੇ ਮਨ ਦੇ ਪਿੱਛੇ ਤੁਰਨ ਵਾਲੇ ਮਨੁੱਖ । ਅੰਧੁ—ਅੰਨ੍ਹਿਆਂ ਵਾਲਾ ਕੰਮ । ਗਲਿ—ਗਲ ਵਿਚ ।੬।

ਮੰਨਿ—ਮਨਿ, ਮਨ ਵਿਚ । ਅਨਦਿਨੁ—ਹਰ ਰੋਜ਼, ਹਰ ਵੇਲੇ । ਸਾਚਾ—ਸਦਾ-ਥਿਰ । ਨਾਮੋ—ਨਾਮ ਹੀ । ਲਾਹਾ—ਲਾਭ ।੭।

ਨਾਈ—ਵਡਿਆਈ । ਸਚੀ—ਸਦਾ ਕਾਇਮ ਰਹਿਣ ਵਾਲੀ । ਗੁਰਮੁਖਿ—ਗੁਰੂ ਦੇ ਸਨਮੁਖ ਰਹਿਣ ਵਾਲੇ ਨੂੰ । ਮੰਨਿ—ਮਨਿ, ਮਨ ਵਿਚ । ਜਿਨ ਮਨਿ—ਜਿਨ੍ਹਾਂ ਦੇ ਮਨ ਵਿਚ । ਸੋਹਹਿ—ਸੋਹਣੇ ਲੱਗਦੇ ਹਨ । ਸਿਰਿ—ਸਿਰ ਉਤੇ (ਪਿਆ ਹੋਇਆ) । ਕਾਹਾ—ਭਾਰਾ, ਕਜ਼ੀਆ । ਚੁਕਾ—ਮੁੱਕ ਜਾਂਦਾ ਹੈ ।੮।

ਅਰਥ :—(ਹੇ ਭਾਈ!) ਪਰਮਾਤਮਾ ਆਪ ਹੀ (ਜੀਵਾਂ ਨੂੰ) ਪੈਦਾ ਕਰਦਾ ਹੈ, ਆਪ ਹੀ ਸ੍ਰਿਸ਼ਟੀ ਰਚਦਾ ਹੈ । (ਕਿਸੇ) ਵਿਰਲੇ (ਭਾਗਾਂ ਵਾਲੇ) ਨੂੰ ਗੁਰੂ ਦੇ ਸ਼ਬਦ ਦੀ ਸੂਝ ਭੀ ਆਪ ਹੀ ਬਖ਼ਸ਼ਦਾ ਹੈ । (ਉਸ ਦੀ ਮਿਹਰ ਨਾਲ ਜਿਹੜੇ ਮਨੁੱਖ) ਗੁਰੂ ਦੀ ਸਰਨ ਪੈਂਦੇ ਹਨ, ਉਹ ਅਡੋਲ ਜੀਵਨ ਵਾਲੇ ਹੋ ਜਾਂਦੇ ਹਨ, ਪਰਮਾਤਮਾ ਆਪ ਹੀ ਉਹਨਾਂ ਦੀ ਜਮ (ਆਤਮਕ ਮੌਤ) ਦੀ ਫਾਹੀ ਕੱਟਦਾ ਹੈ ।੫।

ਹੇ ਭਾਈ! (ਜੀਵਾਂ ਦੇ ਸਰੀਰ-ਭਾਂਡੇ) ਘੜ ਕੇ (ਆਪ ਹੀ) ਭੰਨਦਾ ਹੈ, ਆਪ ਹੀ ਪੈਦਾ ਕਰਦਾ ਤੇ ਸੰਵਾਰਦਾ ਹੈ । ਮਾਇਆ ਦੇ ਮੋਹ ਵਿਚ, ਮੇਰ-ਤੇਰ ਵਿਚ ਭੀ ਜੀਵ (ਉਸ ਨੇ ਆਪ ਹੀ) ਪਾਏ ਹੋਏ ਹਨ । ਆਪਣੇ ਮਨ ਦੇ ਪਿੱਛੇ ਤੁਰਨ ਵਾਲੇ ਮਨੁੱਖ (ਮੋਹ ਵਿਚ) ਭਟਕਦੇ ਫਿਰਦੇ ਹਨ, ਸਦਾ ਅੰਨ੍ਹਿਆਂ ਵਾਲਾ ਕੰਮ ਕਰਦੇ ਰਹਿੰਦੇ ਹਨ, ਉਹਨਾਂ ਦੇ ਗਲ ਵਿਚ ਆਤਮਕ ਮੌਤ ਦੀ ਰੱਸੀ ਫਾਹੀ ਪਈ ਰਹਿੰਦੀ ਹੈ ।੬।

ਹੇ ਭਾਈ! ਪ੍ਰਭੂ ਆਪ (ਜਿਨ੍ਹਾਂ ਉੱਤੇ) ਬਖ਼ਸ਼ਸ਼ ਕਰਦਾ ਹੈ (ਉਹਨਾਂ ਨੂੰ) ਗੁਰੂ ਦੀ ਸੇਵਾ ਵਿਚ ਜੋੜਦਾ ਹੈ, ਗੁਰੂ ਦੀ ਮਤਿ ਦੇ ਕੇ (ਆਪਣਾ) ਨਾਮ (ਉਹਨਾਂ ਦੇ) ਮਨ ਵਿਚ ਵਸਾਂਦਾ ਹੈ । ਜਿਹੜਾ ਮਨੁੱਖ ਹਰ ਵੇਲੇ ਹਰਿ-ਨਾਮ ਸਿਮਰਦਾ ਹੈ, ਉਹ ਅਡੋਲ ਜੀਵਨ ਵਾਲਾ ਹੋ ਜਾਂਦਾ ਹੈ । ਹੇ ਭਾਈ! ਪਰਮਾਤਮਾ ਦਾ ਨਾਮ ਹੀ ਇਸ ਜਗਤ ਵਿਚ ਖੱਟੀ ਹੈ ।੭।

ਹੇ ਭਾਈ! ਪ੍ਰਭੂ ਆਪ ਹੀ ਸਦਾ ਕਾਇਮ ਰਹਿਣ ਵਾਲਾ ਹੈ, ਉਸ ਦੀ ਵਡਿਆਈ ਭੀ ਸਦਾ ਕਾਇਮ ਰਹਿਣ ਵਾਲੀ ਹੈ । ਗੁਰੂ ਦੇ ਸਨਮੁਖ ਰੱਖ ਕੇ (ਜੀਵ ਨੂੰ ਆਪਣੀ ਵਡਿਆਈ) ਦੇਂਦਾ ਹੈ (ਜੀਵ ਦੇ) ਮਨ ਵਿਚ ਵਸਾਂਦਾ ਹੈ । ਹੇ ਭਾਈ! ਜਿਨ੍ਹਾਂ ਦੇ ਮਨ ਵਿਚ (ਪਰਮਾਤਮਾ ਦਾ ਨਾਮ) ਆ ਵੱਸਦਾ ਹੈ, ਉਹ ਮਨੁੱਖ (ਲੋਕ ਪਰਲੋਕ ਵਿਚ) ਸੋਭਦੇ ਹਨ, ਉਹਨਾਂ ਦੇ ਸਿਰ ਉੱਤੇ (ਪਿਆ) ਭਾਰਾ ਮੁੱਕ ਜਾਂਦਾ ਹੈ ।੮।

ਅਗਮ ਅਗੋਚਰੁ ਕੀਮਤਿ ਨਹੀ ਪਾਈ ॥ ਗੁਰ ਪਰਸਾਦੀ ਮੰਨਿ ਵਸਾਈ ॥ ਸਦਾ ਸਬਦਿ ਸਾਲਾਹੀ ਗੁਣਦਾਤਾ ਲੇਖਾ ਕੋਇ ਨ ਮੰਗੈ ਤਾਹਾ ਹੇ ॥੯॥ ਬ੍ਰਹਮਾ ਬਿਸਨੁ ਰੁਦ੍ਰੁ ਤਿਸ ਕੀ ਸੇਵਾ ॥ ਅੰਤੁ ਨ ਪਾਵਹਿ ਅਲਖ ਅਭੇਵਾ ॥ ਜਿਨ ਕਉ ਨਦਰਿ ਕਰਹਿ ਤੂ ਅਪਣੀ ਗੁਰਮੁਖਿ ਅਲਖੁ ਲਖਾਹਾ ਹੇ ॥੧੦॥ ਪੂਰੈ ਸਤਿਗੁਰਿ ਸੋਝੀ ਪਾਈ ॥ ਏਕੋ ਨਾਮੁ ਮੰਨਿ ਵਸਾਈ ॥ ਨਾਮੁ ਜਪੀ ਤੈ ਨਾਮੁ ਧਿਆਈ ਮਹਲੁ ਪਾਇ ਗੁਣ ਗਾਹਾ ਹੇ ॥੧੧॥ ਸੇਵਕ ਸੇਵਹਿ ਮੰਨਿ ਹੁਕਮੁ ਅਪਾਰਾ ॥ ਮਨਮੁਖ ਹੁਕਮੁ ਨ ਜਾਣਹਿ ਸਾਰਾ ॥ ਹੁਕਮੇ ਮੰਨੇ ਹੁਕਮੇ ਵਡਿਆਈ ਹੁਕਮੇ ਵੇਪਰਵਾਹਾ ਹੇ ॥੧੨॥ {ਪੰਨਾ ੧੦੫੩-੧੦੫੪}

ਪਦ ਅਰਥ :—ਅਗਮ—ਅਪਹੁੰਚ । ਅਗੋਚਰੁ—{ਅ-ਗੋ-ਚਰੁ} ਗਿਆਨ-ਇੰਦ੍ਰਿਆਂ ਦੀ ਪਹੁੰਚ ਤੋਂ ਪਰੇ । ਪਰਸਾਦੀ—ਪਰਸਾਦਿ, ਕਿਰਪਾ ਨਾਲ । ਮੰਨਿ—ਮਨਿ, ਮਨ ਵਿਚ । ਸਾਲਾਹੀ—ਸਾਲਾਹੀਂ, ਮੈਂ ਸਲਾਹੁੰਦਾ ਹਾਂ । ਤਾਹਾ—ਉਸ ਦਾ । ਸਬਦਿ—ਸ਼ਬਦ ਦੀ ਰਾਹੀਂ ।੯।

ਰੁਦ੍ਰੁ—ਸ਼ਿਵ । ਤਿਸੁ ਕੀ—{ਸੰਬੰਧਕ 'ਕੀ' ਦੇ ਕਾਰਨ ਲਫ਼ਜ਼ 'ਤਿਸੁ' ਦਾ ੁ ਉੱਡ ਗਿਆ ਹੈ} ਉਸ ਪਰਮਾਤਮਾ ਦੀ । ਪਾਵਹਿ—ਪਾ ਸਕਦੇ, ਪਾਂਦੇ {ਬਹੁ-ਵਚਨ} । ਅਲਖ—ਜਿਸ ਦਾ ਸਹੀ ਸਰੂਪ ਬਿਆਨ ਨ ਕੀਤਾ ਜਾ ਸਕੇ । ਅਭੇਵਾ—ਜਿਸ ਦਾ ਭੇਤ ਨਾਹ ਪਾਇਆ ਜਾ ਸਕੇ । ਕਰਹਿ—ਤੂੰ ਕਰਦਾ ਹੈਂ

। ਗੁਰਮੁਖਿ—ਗੁਰੂ ਦੀ ਸਰਨ ਪੈ ਕੇ ।੧੦।

ਸਤਿਗੁਰਿ—ਗੁਰੂ ਦੀ ਰਾਹੀਂ । ਮੰਨਿ—ਮਨਿ, ਮਨ ਵਿਚ । ਵਸਾਈ—ਵਸਾਈਂ, ਮੈਂ ਵਸਾਂਦਾ ਹਾਂ । ਜਪੀ—ਜਪੀਂ, ਮੈਂ ਜਪਦਾ ਹਾਂ । ਤੈ—ਅਤੇ । ਧਿਆਈ—ਧਿਆਈਂ, ਮੈਂ ਧਿਆਉਂਦਾ ਹਾਂ । ਮਹਲੁ—ਪ੍ਰਭੂ-ਚਰਨਾਂ ਵਿਚ ਟਿਕਾਣਾ । ਗਾਹਾ—ਗਾਹਾਂ, ਮੈਂ ਚੁੱਭੀ ਲਾਂਦਾ ਹਾਂ ।੧੧।

ਸੇਵਹਿ—ਸੇਵਾ ਕਰਦੇ ਹਨ । ਮੰਨਿ—ਮੰਨ ਕੇ । ਮਨਮੁਖ—ਮਨ ਦੇ ਮੁਰੀਦ ਮਨੁੱਖ । ਹੁਕਮ ਸਾਰਾ—ਹੁਕਮ ਦੀ ਸਾਰ, ਹੁਕਮ ਦੀ ਕਦਰ । ਨ ਜਾਣਹਿ—ਨਹੀਂ ਜਾਣਦੇ {ਬਹੁ-ਵਚਨ} ।੧੨।

ਅਰਥ :—ਹੇ ਭਾਈ! ਪਰਮਾਤਮਾ ਅਪਹੁੰਚ ਹੈ, ਗਿਆਨ-ਇੰਦ੍ਰਿਆਂ ਦੀ ਪਹੁੰਚ ਤੋਂ ਪਰੇ ਹੈ, ਉਸ ਦਾ ਮੁੱਲ ਨਹੀਂ ਪਾਇਆ ਜਾ ਸਕਦਾ (ਕਿਸੇ ਦੁਨਿਆਵੀ ਪਦਾਰਥ ਦੇ ਵੱਟੇ ਨਹੀਂ ਮਿਲ ਸਕਦਾ) । ਮੈਂ ਤਾਂ ਉਸ ਨੂੰ ਗੁਰੂ ਦੀ ਕਿਰਪਾ ਨਾਲ (ਆਪਣੇ) ਮਨ ਵਿਚ ਵਸਾਂਦਾ ਹਾਂ । ਗੁਰੂ ਦੇ ਸ਼ਬਦ ਦੀ ਰਾਹੀਂ ਮੈਂ ਸਦਾ ਉਸ ਗੁਣਾਂ ਦੇ ਦਾਤੇ ਦੀ ਸਿਫ਼ਤਿ-ਸਾਲਾਹ ਕਰਦਾ ਹਾਂ । (ਜਿਹੜਾ ਉਸ ਗੁਣ-ਦਾਤੇ ਦੀ ਸਿਫ਼ਤਿ-ਸਾਲਾਹ ਕਰਦਾ ਹੈ) ਉਸ (ਦੇ ਕਰਮਾਂ ਦਾ) ਲੇਖਾ ਕੋਈ ਨਹੀਂ ਮੰਗਦਾ ।੯।

ਹੇ ਭਾਈ! ਬ੍ਰਹਮਾ ਵਿਸ਼ਨੂ ਸ਼ਿਵ (ਇਹ ਸਾਰੇ) ਉਸ (ਪਰਮਾਤਮਾ) ਦੀ ਹੀ ਸਰਨ ਵਿਚ ਰਹਿੰਦੇ ਹਨ । (ਇਹ ਵੱਡੇ ਵੱਡੇ ਦੇਵਤੇ ਭੀ ਉਸ) ਅਲੱਖ ਅਤੇ ਅਭੇਵ ਪਰਮਾਤਮਾ (ਦੇ ਗੁਣਾਂ) ਦਾ ਅੰਤ ਨਹੀਂ ਪਾ ਸਕਦੇ । ਹੇ ਪ੍ਰਭੂ! ਜਿਨ੍ਹਾਂ ਉਤੇ ਤੂੰ ਆਪਣੀ ਮਿਹਰ ਦੀ ਨਿਗਾਹ ਕਰਦਾ ਹੈਂ ਉਹਨਾਂ ਨੂੰ ਗੁਰੂ ਦੀ ਸਰਨ ਪਾ ਕੇ ਤੂੰ ਆਪਣਾ ਅਲੱਖ ਸਰੂਪ ਸਮਝਾ ਦੇਂਦਾ ਹੈ ।੧੦।

ਹੇ ਭਾਈ! ਪੂਰੇ ਸਤਿਗੁਰੂ ਨੇ (ਮੈਨੂੰ ਆਤਮਕ ਜੀਵਨ ਦੀ) ਸਮਝ ਬਖ਼ਸ਼ੀ ਹੈ, ਹੁਣ ਮੈਂ ਪਰਮਾਤਮਾ ਦਾ ਹੀ ਨਾਮ ਆਪਣੇ ਮਨ ਵਿਚ ਵਸਾਂਦਾ ਹਾਂ । ਮੈਂ ਪਰਮਾਤਮਾ ਦਾ ਨਾਮ ਜਪਦਾ ਹਾਂ, ਅਤੇ ਉਸ ਦਾ ਨਾਮ ਧਿਆਉਂਦਾ ਹਾਂ, (ਨਾਮ ਦੀ ਬਰਕਤਿ ਨਾਲ ਪ੍ਰਭੂ-ਚਰਨਾਂ ਵਿਚ) ਟਿਕਾਣਾ ਪ੍ਰਾਪਤ ਕਰ ਕੇ ਮੈਂ ਉਸ ਦੇ ਗੁਣਾਂ ਵਿਚ ਚੁੱਭੀ ਲਾ ਰਿਹਾ ਹਾਂ ।੧੧।

ਹੇ ਭਾਈ! ਪਰਮਾਤਮਾ ਦੇ ਭਗਤ ਤਾਂ ਉਸ ਬੇਅੰਤ ਪ੍ਰਭੂ ਦਾ ਹੁਕਮ ਮੰਨ ਕੇ ਉਸ ਦੀ ਸੇਵਾ-ਭਗਤੀ ਕਰਦੇ ਹਨ, ਪਰ ਆਪਣੇ ਮਨ ਦੇ ਪਿੱਛੇ ਤੁਰਨ ਵਾਲੇ ਮਨੁੱਖ ਉਸ ਦੇ ਹੁਕਮ ਦੀ ਕਦਰ ਨਹੀਂ ਸਮਝਦੇ । ਹੇ ਭਾਈ! ਜਿਹੜਾ ਮਨੁੱਖ ਪਰਮਾਤਮਾ ਦੇ ਹੁਕਮ ਨੂੰ ਮੰਨਦਾ ਹੈ, ਉਹ ਪ੍ਰਭੂ ਹੁਕਮ (ਮੰਨਣ) ਦੀ ਰਾਹੀਂ (ਲੋਕ ਪਰਲੋਕ ਦੀ) ਵਡਿਆਈ ਪ੍ਰਾਪਤ ਕਰਦਾ ਹੈ, ਉਹ ਵੇਪਰਵਾਹ ਪ੍ਰਭੂ ਦੇ ਹੁਕਮ ਵਿਚ ਹੀ ਲੀਨ ਰਹਿੰਦਾ ਹੈ ।੧੨।

ਗੁਰ ਪਰਸਾਦੀ ਹੁਕਮੁ ਪਛਾਣੈ ॥ ਧਾਵਤੁ ਰਾਖੈ ਇਕਤੁ ਘਰਿ ਆਣੈ ॥ ਨਾਮੇ ਰਾਤਾ ਸਦਾ ਬੈਰਾਗੀ ਨਾਮੁ ਰਤਨੁ ਮਨਿ ਤਾਹਾ ਹੇ ॥੧੩॥ ਸਭ ਜਗ ਮਹਿ ਵਰਤੈ ਏਕੋ ਸੋਈ ॥ ਗੁਰ ਪਰਸਾਦੀ ਪਰਗਟੁ ਹੋਈ ॥ ਸਬਦੁ ਸਲਾਹਹਿ ਸੇ ਜਨ ਨਿਰਮਲ ਨਿਜ ਘਰਿ ਵਾਸਾ ਤਾਹਾ ਹੇ ॥੧੪॥ ਸਦਾ ਭਗਤ ਤੇਰੀ ਸਰਣਾਈ ॥ ਅਗਮ ਅਗੋਚਰ ਕੀਮਤਿ ਨਹੀ ਪਾਈ ॥ ਜਿਉ ਤੁਧੁ ਭਾਵਹਿ ਤਿਉ ਤੂ ਰਾਖਹਿ ਗੁਰਮੁਖਿ ਨਾਮੁ ਧਿਆਹਾ ਹੇ ॥੧੫॥ ਸਦਾ ਸਦਾ ਤੇਰੇ ਗੁਣ ਗਾਵਾ ॥ ਸਚੇ ਸਾਹਿਬ ਤੇਰੈ ਮਨਿ ਭਾਵਾ ॥ ਨਾਨਕੁ ਸਾਚੁ ਕਹੈ ਬੇਨੰਤੀ ਸਚੁ ਦੇਵਹੁ ਸਚਿ ਸਮਾਹਾ ਹੇ ॥੧੬॥੧॥੧੦॥ {ਪੰਨਾ ੧੦੫੪}

ਪਦ ਅਰਥ :—ਗੁਰ ਪਰਸਾਦੀ—ਗੁਰ ਪਰਸਾਦਿ, ਗੁਰੂ ਦੀ ਕਿਰਪਾ ਨਾਲ । ਹੁਕਮੁ—(ਪਰਮਾਤਮਾ ਦੀ) ਰਜ਼ਾ । ਧਾਵਤੁ—ਭਟਕਦਾ ਮਨ । ਇਕਤੁ—ਇੱਕ ਵਿਚ ਹੀ {ਲਫ਼ਜ਼ 'ਇਕਸੁ' ਤੋਂ ਅਧਿਕਰਣ ਕਾਰਕ ਇਕ-ਵਚਨ} । ਘਰਿ—ਘਰ ਵਿਚ । ਇਕਤੁ ਘਰਿ—ਇਕ ਹੀ ਘਰ ਵਿਚ । ਆਣੈ—ਲੈ ਆਉਂਦਾ ਹੈ । ਨਾਮੇ—ਮਨ ਵਿਚ ਹੀ । ਬੈਰਾਗੀ—ਵੈਰਾਗਵਾਨ, ਮਾਇਆ ਤੋਂ ਉਪਰਾਮ, ਨਿਰਲੇਪ । ਮਨਿ—ਮਨ ਵਿਚ । ਤਾਹਾ—ਉਸ ਦੇ । ਮਨਿ ਤਾਹਾ—ਉਸ ਦੇ ਮਨ ਵਿਚ ।੧੩।

ਵਰਤੈ—ਵਿਆਪਕ ਹੈ । ਪਰਗਟੁ ਹੋਈ—ਦਿੱਸਦਾ ਹੈ । ਸਲਾਹਹਿ—ਸਲਾਹੁੰਦੇ ਹਨ । ਸੇ—ਉਹ {ਬਹੁ-ਵਚਨ} । ਨਿਜ ਘਰਿ—ਆਪਣੇ (ਅਸਲ) ਘਰ ਵਿਚ । ਤਾਹਾ—ਉਹਨਾਂ ਦਾ ।੧੪।

ਅਗਮ—ਅਪਹੁੰਚ । ਅਗੋਚਰ—{ਅ-ਗੋ-ਚਰ} ਜਿਸ ਤਕ ਗਿਆਨ-ਇੰਦ੍ਰਿਆਂ ਦੀ ਪਹੁੰਚ ਨਹੀਂ । ਤੁਧੁ ਭਾਵਹਿ—ਤੈਨੂੰ ਚੰਗੇ ਲੱਗਦੇ ਹਨ । ਤਿਉ—ਉਸੇ ਤਰ੍ਹਾਂ । ਗੁਰਮੁਖਿ—ਗੁਰੂ ਦੇ ਸਨਮੁਖ ਰਹਿਣ ਵਾਲੇ ।੧੫।

ਗਾਵਾ—ਗਾਵਾਂ, ਮੈਂ ਗਾਂਦਾ ਹਾਂ । ਸਾਹਿਬ—ਹੇ ਸਾਹਿਬ! ਸਚੇ ਸਾਹਿਬ—ਹੇ ਸਦਾ ਕਾਇਮ ਰਹਿਣ ਵਾਲੇ ਮਾਲਕ! ਤੇਰੈ ਮਨਿ—ਤੇਰੇ ਮਨ ਵਿਚ । ਭਾਵਾ—ਭਾਵਾਂ, ਮੈਂ ਭਾ ਜਾਵਾਂ, ਮੈਂ ਪਿਆਰਾ ਲੱਗਾਂ । ਨਾਨਕੁ ਕਹੈ—ਨਾਨਕ ਆਖਦਾ ਹੈ । ਸਾਚੁ—ਸਦਾ-ਥਿਰ ਨਾਮ । ਸਚੁ—ਸਦਾ-ਥਿਰ ਨਾਮ । ਸਚਿ—ਸਦਾ-ਥਿਰ ਨਾਮ ਵਿਚ । ਸਮਾਹਾ—ਮੈਂ ਸਮਾਇਆ ਰਹਾਂ ।੧੬।

ਅਰਥ :—ਹੇ ਭਾਈ! ਜਿਹੜਾ ਮਨੁੱਖ ਗੁਰੂ ਦੀ ਕਿਰਪਾ ਨਾਲ ਪਰਮਾਤਮਾ ਦੀ ਰਜ਼ਾ ਨੂੰ ਪਛਾਣਦਾ ਹੈ, ਉਹ ਆਪਣੇ ਭਟਕਦੇ ਮਨ ਨੂੰ ਰੋਕ ਰੱਖਦਾ ਹੈ, ਉਹ (ਆਪਣੇ ਮਨ ਨੂੰ) ਇੱਕ ਘਰ ਵਿਚ ਹੀ ਲੈ ਆਉਂਦਾ ਹੈ, ਉਹ ਮਨੁੱਖ ਹਰਿ-ਨਾਮ ਵਿਚ ਰੰਗਿਆ ਰਹਿੰਦਾ ਹੈ, ਉਹ (ਵਿਕਾਰਾਂ ਤੋਂ) ਸਦਾ ਨਿਰਲੇਪ ਰਹਿੰਦਾ ਹੈ, ਪਰਮਾਤਮਾ ਦਾ ਰਤਨ-ਨਾਮ ਉਸ ਦੇ ਮਨ ਵਿਚ ਵੱਸਿਆ ਰਹਿੰਦਾ ਹੈ ।੧੩।

ਹੇ ਭਾਈ! ਸਾਰੇ ਜਗਤ ਵਿਚ ਇਕ ਪਰਮਾਤਮਾ ਹੀ ਵੱਸਦਾ ਹੈ, ਪਰ ਉਹ ਗੁਰੂ ਦੀ ਕਿਰਪਾ ਨਾਲ ਦਿੱਸਦਾ ਹੈ । ਜਿਹੜੇ ਮਨੁੱਖ ਗੁਰੂ ਦੇ ਸ਼ਬਦ ਨੂੰ (ਹਿਰਦੇ ਵਿਚ ਵਸਾ ਕੇ ਪਰਮਾਤਮਾ ਦੀ) ਸਿਫ਼ਤਿ-ਸਾਲਾਹ ਕਰਦੇ ਹਨ, ਉਹ ਪਵਿੱਤਰ ਜੀਵਨ ਵਾਲੇ ਬਣ ਜਾਂਦੇ ਹਨ, ਉਹਨਾਂ ਦਾ ਨਿਵਾਸ ਸਦਾ ਸ੍ਵੈ-ਸਰੂਪ ਵਿਚ ਹੋਇਆ ਰਹਿੰਦਾ ਹੈ ।੧੪।

ਹੇ ਪ੍ਰਭੂ! ਹੇ ਅਪਹੁੰਚ ਤੇ ਅਗੋਚਰ! ਤੇਰੇ ਭਗਤ ਸਦਾ ਤੇਰੀ ਸਰਨ ਵਿਚ ਰਹਿੰਦੇ ਹਨ । ਪਰ ਕੋਈ ਤੇਰਾ ਮੁੱਲ ਨਹੀਂ ਪਾ ਸਕਦਾ (ਕਿਸੇ ਦੁਨੀਆਵੀ ਪਦਾਰਥ ਦੇ ਵੱਟੇ ਤੂੰ ਮਿਲ ਨਹੀਂ ਸਕਦਾ) । ਹੇ ਪ੍ਰਭੂ! ਤੂੰ (ਆਪਣੇ ਭਗਤਾਂ ਨੂੰ) ਉਵੇਂ ਹੀ ਰੱਖਦਾ ਹੈਂ, ਜਿਵੇਂ ਉਹ ਤੈਨੂੰ ਪਿਆਰੇ ਲੱਗਦੇ ਹਨ । (ਤੇਰੇ ਭਗਤ) ਗੁਰੂ ਦੀ ਸਰਨ ਪੈ ਕੇ ਤੇਰਾ ਨਾਮ ਧਿਆਉਂਦੇ ਹਨ ।੧੫।

ਹੇ ਪ੍ਰਭੂ! (ਮਿਹਰ ਕਰ) ਮੈਂ ਸਦਾ ਤੇਰੇ ਗੁਣ ਗਾਂਦਾ ਰਹਾਂ, ਤਾਕਿ, ਹੇ ਸਦਾ-ਥਿਰ ਮਾਲਕ! ਮੈਂ ਤੇਰੇ ਮਨ ਵਿਚ ਪਿਆਰਾ ਲੱਗਦਾ ਰਹਾਂ । (ਤੇਰਾ ਦਾਸ) ਨਾਨਕ (ਤੇਰੇ ਅੱਗੇ) ਬੇਨਤੀ ਕਰਦਾ ਹੈ, ਤੂੰ ਸਦਾ ਕਾਇਮ ਰਹਿਣ ਵਾਲਾ ਹੈਂ, ਮੈਨੂੰ ਆਪਣਾ ਸਦਾ-ਥਿਰ ਨਾਮ ਦੇਹ, ਮੈਂ ਤੇਰੇ ਸਦਾ-ਥਿਰ ਨਾਮ ਵਿਚ ਲੀਨ ਹੋਇਆ ਰਹਾਂ ।੧੬।੧।੧੦।

ਮਾਰੂ ਮਹਲਾ ੩ ॥ ਸਤਿਗੁਰੁ ਸੇਵਨਿ ਸੇ ਵਡਭਾਗੀ ॥ ਅਨਦਿਨੁ ਸਾਚਿ ਨਾਮਿ ਲਿਵ ਲਾਗੀ ॥ ਸਦਾ ਸੁਖਦਾਤਾ ਰਵਿਆ ਘਟ ਅੰਤਰਿ ਸਬਦਿ ਸਚੈ ਓਮਾਹਾ ਹੇ ॥੧॥ ਨਦਰਿ ਕਰੇ ਤਾ ਗੁਰੂ ਮਿਲਾਏ ॥ ਹਰਿ ਕਾ ਨਾਮੁ ਮੰਨਿ ਵਸਾਏ ॥ ਹਰਿ ਮਨਿ ਵਸਿਆ ਸਦਾ ਸੁਖਦਾਤਾ ਸਬਦੇ ਮਨਿ ਓਮਾਹਾ ਹੇ ॥੨॥ ਕ੍ਰਿਪਾ ਕਰੇ ਤਾ ਮੇਲਿ ਮਿਲਾਏ ॥ ਹਉਮੈ ਮਮਤਾ ਸਬਦਿ ਜਲਾਏ ॥ ਸਦਾ ਮੁਕਤੁ ਰਹੈ ਇਕ ਰੰਗੀ ਨਾਹੀ ਕਿਸੈ ਨਾਲਿ ਕਾਹਾ ਹੇ ॥੩॥ ਬਿਨੁ ਸਤਿਗੁਰ ਸੇਵੇ ਘੋਰ ਅੰਧਾਰਾ ॥ ਬਿਨੁ ਸਬਦੈ ਕੋਇ ਨ ਪਾਵੈ ਪਾਰਾ ॥ ਜੋ ਸਬਦਿ ਰਾਤੇ ਮਹਾ ਬੈਰਾਗੀ ਸੋ ਸਚੁ ਸਬਦੇ ਲਾਹਾ ਹੇ ॥੪॥ {ਪੰਨਾ ੧੦੫੪}

ਪਦ ਅਰਥ :—ਸੇਵਨਿ—ਸੇਂਵਦੇ ਹਨ, ਸਰਨ ਪੈਂਦੇ ਹਨ । ਸੇ—ਉਹ {ਬਹੁ-ਵਚਨ} । ਅਨਦਿਨੁ—ਹਰ ਰੋਜ਼, ਹਰ ਵੇਲੇ । ਸਾਚਿ ਨਾਮਿ—ਸਦਾ-ਥਿਰ ਨਾਮ ਵਿਚ । ਲਿਵ—ਲਗਨ । ਰਵਿਆ—ਮੌਜੂਦ । ਘਟ ਅੰਤਰਿ—ਹਿਰਦੇ ਵਿਚ । ਸਬਦਿ ਸਚੈ—ਸਦਾ-ਥਿਰ ਪ੍ਰਭੂ ਦੀ ਸਿਫ਼ਤਿ-ਸਾਲਾਹ ਦੇ ਸ਼ਬਦ ਦੀ ਰਾਹੀਂ । ਓਮਾਹਾ—ਉਤਸ਼ਾਹ, ਚੜ੍ਹਦੀ ਕਲਾ ।੧।

ਨਦਰਿ—ਮਿਹਰ ਦੀ ਨਿਗਾਹ । ਮੰਨਿ—ਮਨਿ, ਮਨ ਵਿਚ । ਮਨਿ—ਮਨ ਵਿਚ । ਸਬਦੇ—ਗੁਰੂ ਦੇ ਸ਼ਬਦ ਦੀ ਰਾਹੀਂ ।੨।

ਮੇਲਿ—(ਗੁਰੂ ਨਾਲ) ਮਿਲਾ ਕੇ । ਮਮਤਾ—{ਮਮ—ਮੇਰਾ, ਮੇਰੀ} ਕਬਜ਼ੇ ਦੀ ਵਾਸ਼ਨਾ । ਸਬਦਿ—ਸਬਦ ਦੀ ਰਾਹੀਂ । ਜਲਾਏ—ਸਾੜ ਲੈਂਦਾ ਹੈ । ਮੁਕਤੁ—('ਹਉਮੈ ਮਮਤਾ' ਤੋਂ) ਸੁਤੰਤਰ । ਇਕ ਰੰਗੀ—ਇਕ ਪ੍ਰਭੂ ਨਾਲ ਹੀ ਪਿਆਰ ਕਰਨ ਵਾਲਾ । ਕਾਹਾ—ਖਹਿ-ਖਹਿ, ਵੈਰ-ਵਿਰੋਧ ।੩।

ਘੋਰ ਅੰਧਾਰਾ—ਘੁੱਪ ਹਨੇਰਾ (ਹਉਮੈ ਮਮਤਾ ਆਦਿਕ ਦਾ) । ਪਾਰਾ—ਪਾਰਲਾ ਬੰਨਾ । ਸਬਦਿ—ਸ਼ਬਦ ਵਿਚ । ਰਾਤੇ—ਮਸਤ । ਬੈਰਾਗੀ—ਨਿਰਲੇਪ, ਤਿਆਗੀ । ਸੋ ਸਚੁ—ਉਸ ਸਦਾ-ਥਿਰ ਹਰਿ-ਨਾਮ । ਲਾਹਾ—ਲਾਭ ।੪।

ਅਰਥ :—ਹੇ ਭਾਈ! ਜਿਹੜੇ ਮਨੁੱਖ ਗੁਰੂ ਦੀ ਸਰਨ ਪੈਂਦੇ ਹਨ, ਉਹ ਵੱਡੇ ਭਾਗਾਂ ਵਾਲੇ ਹਨ; ਸਦਾ-ਥਿਰ ਹਰਿ-ਨਾਮ ਵਿਚ ਉਹਨਾਂ ਦੀ ਲਗਨ ਹਰ ਵੇਲੇ ਲੱਗੀ ਰਹਿੰਦੀ ਹੈ । ਸਾਰੇ ਸੁਖਾਂ ਦਾ ਦਾਤਾ ਪਰਮਾਤਮਾ ਹਰ ਵੇਲੇ ਉਹਨਾਂ ਦੇ ਹਿਰਦੇ ਵਿਚ ਵੱਸਿਆ ਰਹਿੰਦਾ ਹੈ । ਸਦਾ-ਥਿਰ ਪ੍ਰਭੂ ਦੀ ਸਿਫ਼ਤਿ-ਸਾਲਾਹ ਦੇ ਸ਼ਬਦ ਦੀ ਰਾਹੀਂ ਉਹਨਾਂ ਦੇ ਅੰਦਰ ਆਤਮਕ ਜੀਵਨ ਦਾ ਹੁਲਾਰਾ ਬਣਿਆ ਰਹਿੰਦਾ ਹੈ ।੧।

ਪਰ, ਹੇ ਭਾਈ! ਜਦੋਂ ਪਰਮਾਤਮਾ ਮਿਹਰ ਦੀ ਨਿਗਾਹ ਕਰਦਾ ਹੈ ਤਦੋਂ (ਹੀ) ਗੁਰੂ ਮਿਲਾਂਦਾ ਹੈ, (ਗੁਰੂ ਦੇ ਮਿਲਾਪ ਦੀ ਬਰਕਤਿ ਨਾਲ ਉਹ ਮਨੁੱਖ) ਪਰਮਾਤਮਾ ਦਾ ਨਾਮ (ਆਪਣੇ) ਮਨ ਵਿਚ ਵਸਾ ਲੈਂਦਾ ਹੈ । ਸਾਰੇ ਸੁਖਾਂ ਦਾ ਦਾਤਾ ਪ੍ਰਭੂ ਉਸ ਦੇ ਮਨ ਵਿਚ ਵੱਸਿਆ ਰਹਿੰਦਾ ਹੈ, ਸ਼ਬਦ ਦੀ ਬਰਕਤਿ ਨਾਲ ਉਸ ਦੇ ਮਨ ਵਿਚ ਜੀਵਨ-ਹੁਲਾਰਾ ਟਿਕਿਆ ਰਹਿੰਦਾ ਹੈ ।੨।

ਹੇ ਭਾਈ! ਜਦੋਂ ਪ੍ਰਭੂ ਕਿਰਪਾ ਕਰਦਾ ਹੈ ਤਦੋਂ (ਜੀਵ ਨੂੰ ਗੁਰੂ ਨਾਲ) ਮਿਲਾ ਕੇ (ਆਪਣੇ ਚਰਨਾਂ ਨਾਲ) ਮਿਲਾ ਲੈਂਦਾ ਹੈ । ਉਹ ਮਨੁੱਖ ਗੁਰੂ ਦੇ ਸ਼ਬਦ ਦੀ ਰਾਹੀਂ (ਆਪਣੇ ਅੰਦਰੋਂ) ਹਉਮੈ ਅਤੇ ਮਮਤਾ ਨੂੰ ਸਾੜ ਲੈਂਦਾ ਹੈ । ਸਿਰਫ਼ ਪਰਮਾਤਮਾ ਦੇ ਪ੍ਰੇਮ-ਰੰਗ ਦਾ ਸਦਕਾ ਉਹ ਮਨੁੱਖ (ਹਉਮੈ ਮਮਤਾ ਤੋਂ) ਸਦਾ ਆਜ਼ਾਦ ਰਹਿੰਦਾ ਹੈ, ਉਸ ਦਾ ਕਿਸੇ ਨਾਲ ਭੀ ਵੈਰ-ਵਿਰੋਧ ਨਹੀਂ ਹੁੰਦਾ ।੩।

ਹੇ ਭਾਈ! ਗੁਰੂ ਦੀ ਸਰਨ ਪੈਣ ਤੋਂ ਬਿਨਾ (ਜੀਵ ਦੇ ਜੀਵਨ-ਰਾਹ ਵਿਚ ਹਉਮੈ ਮਮਤਾ ਆਦਿਕ ਦਾ) ਘੁੱਪ ਹਨੇਰਾ ਬਣਿਆ ਰਹਿੰਦਾ ਹੈ, ਗੁਰੂ ਦੇ ਸ਼ਬਦ ਤੋਂ ਬਿਨਾ ਕੋਈ ਮਨੁੱਖ (ਇਸ ਘੁੱਪ ਹਨੇਰੇ ਦਾ) ਪਾਰਲਾ ਬੰਨਾ ਨਹੀਂ ਲੱਭ ਸਕਦਾ । ਜਿਹੜੇ ਮਨੁੱਖ ਗੁਰੂ ਦੇ ਸ਼ਬਦ ਵਿਚ ਮਸਤ ਰਹਿੰਦੇ ਹਨ, ਉਹ ਵੱਡੇ ਤਿਆਗੀ ਹਨ । ਗੁਰੂ ਦੇ ਸ਼ਬਦ ਦੀ ਰਾਹੀਂ ਉਹ ਸਦਾ-ਥਿਰ ਹਰਿ-ਨਾਮ ਹੀ (ਉਹਨਾਂ ਵਾਸਤੇ ਅਸਲ) ਖੱਟੀ ਹੈ ।੪।

ਦੁਖੁ ਸੁਖੁ ਕਰਤੈ ਧੁਰਿ ਲਿਖਿ ਪਾਇਆ ॥ ਦੂਜਾ ਭਾਉ ਆਪਿ ਵਰਤਾਇਆ ॥ ਗੁਰਮੁਖਿ ਹੋਵੈ ਸੁ ਅਲਿਪਤੋ ਵਰਤੈ ਮਨਮੁਖ ਕਾ ਕਿਆ ਵੇਸਾਹਾ ਹੇ ॥੫॥ ਸੇ ਮਨਮੁਖ ਜੋ ਸਬਦੁ ਨ ਪਛਾਣਹਿ ॥ ਗੁਰ ਕੇ ਭੈ ਕੀ ਸਾਰ ਨ ਜਾਣਹਿ ॥ ਭੈ ਬਿਨੁ ਕਿਉ ਨਿਰਭਉ ਸਚੁ ਪਾਈਐ ਜਮੁ ਕਾਢਿ ਲਏਗਾ ਸਾਹਾ ਹੇ ॥੬॥ ਅਫਰਿਓ ਜਮੁ ਮਾਰਿਆ ਨ ਜਾਈ ॥ ਗੁਰ ਕੈ ਸਬਦੇ ਨੇੜਿ ਨ ਆਈ ॥ ਸਬਦੁ ਸੁਣੇ ਤਾ ਦੂਰਹੁ ਭਾਗੈ ਮਤੁ ਮਾਰੇ ਹਰਿ ਜੀਉ ਵੇਪਰਵਾਹਾ ਹੇ ॥੭॥ ਹਰਿ ਜੀਉ ਕੀ ਹੈ ਸਭ ਸਿਰਕਾਰਾ ॥ ਏਹੁ ਜਮੁ ਕਿਆ ਕਰੇ ਵਿਚਾਰਾ ॥ ਹੁਕਮੀ ਬੰਦਾ ਹੁਕਮੁ ਕਮਾਵੈ ਹੁਕਮੇ ਕਢਦਾ ਸਾਹਾ ਹੇ ॥੮॥ {ਪੰਨਾ ੧੦੫੪}

ਪਦ ਅਰਥ :—ਕਰਤੈ—ਕਰਤਾਰ ਨੇ । ਧੁਰਿ—ਧੁਰੋਂ, ਆਪਣੇ ਹੁਕਮ ਨਾਲ । ਲਿਖਿ—(ਜੀਵ ਦੇ ਭਾਗਾਂ ਵਿਚ) ਲਿਖ ਕੇ । ਦੂਜਾ ਭਾਉ—ਮਾਇਆ ਦਾ ਮੋਹ । ਗੁਰਮੁਖਿ—ਗੁਰੂ ਦੇ ਸਨਮੁਖ । ਸੁ—ਉਹ ਮਨੁੱਖ । ਅਲਿਪਤੋ—ਨਿਰਲੇਪ । ਮਨਮੁਖ—ਮਨ ਦਾ ਮੁਰੀਦ ਮਨੁੱਖ । ਵੇਸਾਹਾ—ਇਤਬਾਰ, ਭਰੋਸਾ ।੫।

ਸੇ—ਉਹ (ਬਹੁ-ਵਚਨ) । ਨ ਪਛਾਣਹਿ—ਸਾਂਝ ਨਹੀਂ ਪਾਂਦੇ । ਭੈ ਕੀ—{'ਸੰਬੰਧਕ' 'ਕੀ' ਦੇ ਕਾਰਨ ਲਫ਼ਜ਼ 'ਭਉ' ਤੋਂ 'ਭੈ' ਬਣ ਗਿਆ ਹੈ} ਡਰ-ਅਦਬ ਦੀ । ਸਾਰ—ਕਦਰ, ਕੀਮਤ । ਭੈ ਬਿਨੁ—{'ਭਉ' ਤੋਂ 'ਭੈ'} ਡਰ-ਅਦਬ ਤੋਂ ਬਿਨਾ । ਸਚੁ—ਸਦਾ-ਥਿਰ ਪ੍ਰਭੂ ।੬।

ਅਫਰਿਓ—ਭੂਤਿਆ ਹੋਇਆ, ਨਾਹ ਟਲਣ ਵਾਲਾ । ਕੈ ਸਬਦੇ—ਦੇ ਸ਼ਬਦ ਦੀ ਰਾਹੀਂ । ਭਾਗੈ—ਭੱਜ ਜਾਂਦਾ ਹੈ । ਮਤੁ—ਮਤਾਂ, ਕਿਤੇ ਐਸਾ ਨਾਹ ਹੋਵੇ ਕਿ । ਮਾਰੇ—ਸਜ਼ਾ ਦੇਵੇ ।੭।

ਸਭ—ਸਾਰੀ । ਸਿਰਕਾਰਾ—ਰਈਅਤ, ਹਕੂਮਤ । ਹੁਕਮੀ ਬੰਦਾ—ਹੁਕਮ ਵਿਚ ਰਹਿਣ ਵਾਲਾ ਬੰਦਾ । ਹੁਕਮੁ ਕਮਾਵੈ—(ਪਰਮਾਤਮਾ ਦਾ) ਹੁਕਮ ਵਰਤਦਾ ਹੈ, ਹੁਕਮ ਅਨੁਸਾਰ ਤੁਰਦਾ ਹੈ । ਹੁਕਮੇ—ਹੁਕਮ ਅਨੁਸਾਰ ਹੀ ।੮।

ਅਰਥ :—ਹੇ ਭਾਈ! ਕਰਤਾਰ ਨੇ ਆਪਣੇ ਹੁਕਮ ਨਾਲ ਹੀ ਦੁੱਖ ਅਤੇ ਸੁਖ (ਭੋਗਣਾ ਜੀਵਾਂ ਦੇ ਭਾਗਾਂ ਵਿਚ) ਲਿਖ ਕੇ ਪਾ ਦਿੱਤਾ ਹੈ । ਮਾਇਆ ਦਾ ਮੋਹ ਭੀ ਪਰਮਾਤਮਾ ਨੇ ਆਪ ਹੀ ਵਰਤਾਇਆ ਹੋਇਆ ਹੈ । ਜਿਹੜਾ ਮਨੁੱਖ ਗੁਰੂ ਦੀ ਸਰਨ ਪੈਂਦਾ ਹੈ ਉਹ (ਮਾਇਆ ਦੇ ਮੋਹ ਤੋਂ) ਨਿਰਲੇਪ ਰਹਿੰਦਾ ਹੈ; ਪਰ ਆਪਣੇ ਮਨ ਦੇ ਪਿੱਛੇ ਤੁਰਨ ਵਾਲੇ ਮਨੁੱਖ ਦਾ ਕੋਈ ਇਤਬਾਰ ਨਹੀਂ ਕੀਤਾ ਜਾ ਸਕਦਾ (ਕਿ ਕਿਹੜੇ ਵੇਲੇ ਮਾਇਆ ਦੇ ਮੋਹ ਵਿਚ ਫਸ ਜਾਏ) ।੫।

ਹੇ ਭਾਈ! ਜਿਹੜੇ ਮਨੁੱਖ ਗੁਰੂ ਦੇ ਸ਼ਬਦ ਨਾਲ ਸਾਂਝ ਨਹੀਂ ਪਾਂਦੇ, ਉਹ ਆਪਣੇ ਮਨ ਦੇ ਪਿੱਛੇ ਤੁਰਨ ਲੱਗ ਪੈਂਦੇ ਹਨ, ਉਹ ਮਨੁੱਖ ਗੁਰੂ ਦੇ ਡਰ-ਅਦਬ ਦੀ ਕਦਰ ਨਹੀਂ ਜਾਣਦੇ । ਜਿਤਨਾ ਚਿਰ ਗੁਰੂ ਦੇ ਡਰ-ਅਦਬ ਵਿਚ ਨਾਹ ਰਹੀਏ, ਉਨਾ ਚਿਰ ਸਦਾ-ਥਿਰ ਨਿਰਭਉ ਪਰਮਾਤਮਾ ਨਾਲ ਮਿਲਾਪ ਨਹੀਂ ਹੋ ਸਕਦਾ, (ਸਦਾ ਇਹ ਸਹਮ ਬਣਿਆ ਰਹਿੰਦਾ ਹੈ ਕਿ ਪਤਾ ਨਹੀਂ) ਜਮਰਾਜ (ਕਦੋਂ ਆ ਕੇ) ਜਿੰਦ ਕੱਢ ਲਏਗਾ ।੬।

ਹੇ ਭਾਈ! ਜਮਰਾਜ ਨੂੰ ਰੋਕਿਆ ਨਹੀਂ ਜਾ ਸਕਦਾ, ਜਮਰਾਜ ਨੂੰ ਮਾਰਿਆ ਨਹੀਂ ਜਾ ਸਕਦਾ । ਪਰ ਗੁਰੂ ਦੇ ਸ਼ਬਦ ਵਿਚ ਜੁੜਿਆਂ (ਜਮਰਾਜ ਦਾ ਸਹਮ ਮਨੁੱਖ ਦੇ) ਨੇੜੇ ਨਹੀਂ ਢੁਕਦਾ । ਜਦੋਂ ਉਹ ਗੁਰੂ ਦਾ ਸ਼ਬਦ (ਗੁਰਮੁਖ ਦੇ ਮੂੰਹੋਂ) ਸੁਣਦਾ ਹੈ, ਤਾਂ ਦੂਰੋਂ ਹੀ (ਉਸ ਦੇ ਕੋਲੋਂ) ਭੱਜ ਜਾਂਦਾ ਹੈ ਕਿ ਮਤਾਂ ਵੇਪਰਵਾਹ ਪ੍ਰਭੂ (ਇਸ ਖੁਨਾਮੀ ਪਿੱਛੇ) ਸਜ਼ਾ ਹੀ ਨ ਦੇਵੇ (ਜਮਰਾਜ ਗੁਰਮੁਖ ਮਨੁੱਖ ਨੂੰ ਮੌਤ ਦਾ ਡਰ ਦੇ ਹੀ ਨਹੀਂ ਸਕਦਾ) ।੭।

ਹੇ ਭਾਈ! ਸਾਰੀ ਹੀ ਸ੍ਰਿਸ਼ਟੀ ਪਰਮਾਤਮਾ ਦੇ ਹੁਕਮ ਵਿਚ ਹੈ (ਜਮਰਾਜ ਭੀ ਪਰਮਾਤਮਾ ਦਾ ਹੀ ਰਈਅਤ ਹੈ), ਪਰਮਾਤਮਾ ਦੇ ਹੁਕਮ ਤੋਂ ਬਿਨਾ ਜਮਰਾਜ ਵਿਚਾਰਾ ਕੁਝ ਨਹੀਂ ਕਰ ਸਕਦਾ । ਜਮਰਾਜ ਭੀ ਪ੍ਰਭੂ ਦੇ ਹੁਕਮ ਵਿਚ ਹੀ ਤੁਰਨ ਵਾਲਾ ਹੈ, ਪ੍ਰਭੂ ਦੇ ਹੁਕਮ ਅਨੁਸਾਰ ਹੀ ਕਾਰ ਕਰਦਾ ਹੈ, ਹੁਕਮ ਅਨੁਸਾਰ ਹੀ ਜਿੰਦ ਕੱਢਦਾ ਹੈ ।੮।

ਗੁਰਮੁਖਿ ਸਾਚੇ ਕੀਆ ਅਕਾਰਾ ॥ ਗੁਰਮੁਖਿ ਪਸਰਿਆ ਸਭੁ ਪਾਸਾਰਾ ॥ ਗੁਰਮੁਖਿ ਹੋਵੈ ਸੋ ਸਚੁ ਬੂਝੈ ਸਬਦਿ ਸਚੈ ਸੁਖੁ ਤਾਹਾ ਹੇ ॥੯॥ ਗੁਰਮੁਖਿ ਜਾਤਾ ਕਰਮਿ ਬਿਧਾਤਾ ॥ ਜੁਗ ਚਾਰੇ ਗੁਰ ਸਬਦਿ ਪਛਾਤਾ ॥ ਗੁਰਮੁਖਿ ਮਰੈ ਨ ਜਨਮੈ ਗੁਰਮੁਖਿ ਗੁਰਮੁਖਿ ਸਬਦਿ ਸਮਾਹਾ ਹੇ ॥੧੦॥ ਗੁਰਮੁਖਿ ਨਾਮਿ ਸਬਦਿ ਸਾਲਾਹੇ ॥ ਅਗਮ ਅਗੋਚਰ ਵੇਪਰਵਾਹੇ ॥ ਏਕ ਨਾਮਿ ਜੁਗ ਚਾਰਿ ਉਧਾਰੇ ਸਬਦੇ ਨਾਮ ਵਿਸਾਹਾ ਹੇ ॥੧੧॥ ਗੁਰਮੁਖਿ ਸਾਂਤਿ ਸਦਾ ਸੁਖੁ ਪਾਏ ॥ ਗੁਰਮੁਖਿ ਹਿਰਦੈ ਨਾਮੁ ਵਸਾਏ ॥ ਗੁਰਮੁਖਿ ਹੋਵੈ ਸੋ ਨਾਮੁ ਬੂਝੈ ਕਾਟੇ ਦੁਰਮਤਿ ਫਾਹਾ ਹੇ ॥੧੨॥ {ਪੰਨਾ ੧੦੫੪-੧੦੫੫}

ਪਦ ਅਰਥ :—ਗੁਰਮੁਖਿ—ਗੁਰੂ ਦੇ ਸਨਮੁਖ ਰਹਿਣ ਵਾਲਾ ਮਨੁੱਖ । ਸਾਚੈ—ਸਦਾ-ਥਿਰ ਪਰਮਾਤਮਾ ਨੇ । ਅਕਾਰਾ—ਜਗਤ । ਸਭੁ—ਸਾਰਾ । ਪਾਸਾਰਾ—(ਪ੍ਰਭੂ ਦਾ) ਖਿਲਾਰਾ । ਸੋ—ਉਹ । ਸਚੁ—ਸਦਾ-ਥਿਰ ਪ੍ਰਭੂ । ਸਬਦਿ ਸਚੈ—ਸਦਾ-ਥਿਰ ਪ੍ਰਭੂ ਦੀ ਸਿਫ਼ਤਿ-ਸਾਲਾਹ ਦੇ ਸ਼ਬਦ ਦੀ ਰਾਹੀਂ । ਤਾਹਾ—ਉਸ ਨੂੰ ।੯।

ਕਰਮਿ—(ਪ੍ਰਭੂ ਦੀ) ਬਖ਼ਸ਼ਸ਼ ਦੀ ਰਾਹੀਂ {ਕਰਮੁ—ਬਖ਼ਸ਼ਸ਼} । ਬਿਧਾਤਾ ਜਾਤਾ—ਸਿਰਜਣਹਾਰ ਨਾਲ ਸਾਂਝ ਪਾਂਦਾ ਹੈ । ਜੁਗ ਚਾਰੇ—ਚੌਹਾਂ ਜੁਗਾਂ ਵਿਚ ਹੀ, ਸਦਾ ਹੀ । ਸਬਦਿ ਸਮਾਹਾ—ਗੁਰੂ ਦੇ ਸ਼ਬਦ ਵਿਚ ਲੀਨ ਰਹਿੰਦਾ ਹੈ ।੧੦।

ਨਾਮਿ—ਨਾਮ ਵਿਚ । ਸਾਲਾਹੇ—ਸਿਫ਼ਤਿ-ਸਾਲਾਹ ਕਰਦਾ ਹੈ । ਅਗਮ—ਅਪਹੁੰਚ । ਅਗੋਚਰ—{ਅ-ਗੋ-ਚਰ} ਜਿਸ ਤਕ ਗਿਆਨ-ਇੰਦ੍ਰਿਆਂ ਦੀ ਪਹੁੰਚ ਨਹੀਂ ਹੋ ਸਕਦੀ । ਏਕ ਨਾਮਿ—ਪਰਮਾਤਮਾ ਦੇ ਨਾਮ ਨੇ ਹੀ । ਉਧਾਰੇ—ਵਿਕਾਰਾਂ ਤੋਂ ਬਚਾਏ ਹਨ । ਨਾਮ ਵਿਸਾਹ—ਨਾਮ ਦਾ ਵਣਜ ਕੀਤਾ ਜਾ ਸਕਦਾ ਹੈ ।੧੧।

ਹਿਰਦੇ—ਆਪਣੇ ਹਿਰਦੇ ਵਿਚ । ਵਸਾਏ—ਵਸਾਂਦਾ ਹੈ । ਨਾਮੁ ਬੂਝੈ—ਨਾਮ ਨਾਲ ਸਾਂਝ ਪਾਂਦਾ ਹੈ । ਦੁਰਮਤਿ—ਖੋਟੀ ਮਤਿ । ਫਾਹਾ—ਫਾਹੀ ।੧੨।

ਅਰਥ :—ਹੇ ਭਾਈ! ਗੁਰੂ ਦੇ ਸਨਮੁਖ ਰਹਿਣ ਵਾਲਾ ਮਨੁੱਖ (ਸਮਝਦਾ ਹੈ ਕਿ) ਸਾਰਾ ਜਗਤ ਸਦਾ-ਥਿਰ ਪਰਮਾਤਮਾ ਨੇ ਪੈਦਾ ਕੀਤਾ ਹੈ, ਇਹ ਸਾਰਾ ਜਗਤ-ਖਿਲਾਰਾ ਪਰਮਾਤਮਾ ਦਾ ਹੀ ਖਿਲਾਰਿਆ ਹੋਇਆ ਹੈ । ਜਿਹੜਾ ਮਨੁੱਖ ਗੁਰੂ ਦੀ ਸਰਨ ਪੈ ਜਾਂਦਾ ਹੈ, ਉਹ ਸਦਾ-ਥਿਰ ਪ੍ਰਭੂ ਨਾਲ ਸਾਂਝ ਪਾ ਲੈਂਦਾ ਹੈ, ਸਦਾ-ਥਿਰ ਪ੍ਰਭੂ ਦੀ ਸਿਫ਼ਤਿ-ਸਾਲਾਹ ਦੀ ਬਾਣੀ ਦੀ ਬਰਕਤਿ ਨਾਲ ਉਸ ਨੂੰ ਆਤਮਕ ਆਨੰਦ ਪ੍ਰਾਪਤ ਹੋ ਜਾਂਦਾ ਹੈ ।੯।

ਹੇ ਭਾਈ! ਗੁਰੂ ਦੇ ਸਨਮੁਖ ਰਹਿਣ ਵਾਲਾ ਮਨੁੱਖ (ਪ੍ਰਭੂ ਦੀ) ਬਖ਼ਸ਼ਸ਼ ਨਾਲ ਸਿਰਜਣਹਾਰ ਪ੍ਰਭੂ ਨਾਲ ਸਾਂਝ ਪਾਂਦਾ ਹੈ । ਹੇ ਭਾਈ! ਚੌਹਾਂ ਜੁਗਾਂ ਵਿਚ ਹੀ ਗੁਰੂ ਦੇ ਸ਼ਬਦ ਦੀ ਰਾਹੀਂ ਹੀ ਪ੍ਰਭੂ ਨਾਲ ਸਾਂਝ ਬਣਦੀ ਆਈ ਹੈ । ਗੁਰੂ ਦੇ ਸਨਮੁਖ ਰਹਿਣ ਵਾਲਾ ਮਨੁੱਖ ਜਨਮ ਮਰਨ ਦੇ ਗੇੜ ਵਿਚ ਨਹੀਂ ਪੈਂਦਾ, ਉਹ ਗੁਰੂ ਦੇ ਸ਼ਬਦ ਵਿਚ ਲੀਨ ਰਹਿੰਦਾ ਹੈ ।੧੦।

ਹੇ ਭਾਈ! ਗੁਰਮੁਖ ਮਨੁੱਖ ਪਰਮਾਤਮਾ ਦੇ ਨਾਮ ਵਿਚ ਜੁੜਦਾ ਹੈ, ਗੁਰੂ ਦੇ ਸ਼ਬਦ ਦੀ ਰਾਹੀਂ ਅਗਮ ਅਗੋਚਰ ਵੇਪਰਵਾਹ ਪ੍ਰਭੂ ਦੀ ਸਿਫ਼ਤਿ-ਸਾਲਾਹ ਕਰਦਾ ਹੈ । (ਹੇ ਭਾਈ! ਗੁਰਮੁਖ ਜਾਣਦਾ ਹੈ ਕਿ) ਪਰਾਮਤਮਾ ਦੇ ਨਾਮ ਨੇ ਹੀ ਚੌਹਾਂ ਜੁਗਾਂ ਦੇ ਜੀਵਾਂ ਦਾ ਪਾਰ-ਉਤਾਰਾ ਕੀਤਾ ਹੈ, ਤੇ ਗੁਰ-ਸ਼ਬਦ ਦੀ ਰਾਹੀਂ ਨਾਮ ਦਾ ਵਣਜ ਕੀਤਾ ਜਾ ਸਕਦਾ ਹੈ ।੧੧।

ਹੇ ਭਾਈ! ਗੁਰੂ ਦੇ ਸਨਮੁਖ ਰਹਿਣ ਵਾਲਾ ਮਨੁੱਖ ਸਦਾ ਆਤਮਕ ਠੰਢ ਤੇ ਆਨੰਦ ਮਾਣਦਾ ਹੈ, ਉਹ ਆਪਣੇ ਹਿਰਦੇ ਵਿਚ ਪਰਮਾਤਮਾ ਦਾ ਨਾਮ ਵਸਾਈ ਰੱਖਦਾ ਹੈ । ਹੇ ਭਾਈ! ਜਿਹੜਾ ਮਨੁੱਖ ਗੁਰੂ ਦੀ ਸਰਨ ਪੈਂਦਾ ਹੈ, ਉਹ ਹਰਿ-ਨਾਮ ਨਾਲ ਸਾਂਝ ਪਾਂਦਾ ਹੈ, (ਤੇ ਇਸ ਤਰ੍ਹਾਂ) ਖੋਟੀ ਮਤਿ ਦੀ ਫਾਹੀ ਕੱਟ ਲੈਂਦਾ ਹੈ ।੧੨।

ਗੁਰਮੁਖਿ ਉਪਜੈ ਸਾਚਿ ਸਮਾਵੈ ॥ ਨਾ ਮਰਿ ਜੰਮੈ ਨ ਜੂਨੀ ਪਾਵੈ ॥ ਗੁਰਮੁਖਿ ਸਦਾ ਰਹਹਿ ਰੰਗਿ ਰਾਤੇ ਅਨਦਿਨੁ ਲੈਦੇ ਲਾਹਾ ਹੇ ॥੧੩॥ ਗੁਰਮੁਖਿ ਭਗਤ ਸੋਹਹਿ ਦਰਬਾਰੇ ॥ ਸਚੀ ਬਾਣੀ ਸਬਦਿ ਸਵਾਰੇ ॥ ਅਨਦਿਨੁ ਗੁਣ ਗਾਵੈ ਦਿਨੁ ਰਾਤੀ ਸਹਜ ਸੇਤੀ ਘਰਿ ਜਾਹਾ ਹੇ ॥੧੪॥ ਸਤਿਗੁਰੁ ਪੂਰਾ ਸਬਦੁ ਸੁਣਾਏ ॥ ਅਨਦਿਨੁ ਭਗਤਿ ਕਰਹੁ ਲਿਵ ਲਾਏ ॥ ਹਰਿ ਗੁਣ ਗਾਵਹਿ ਸਦ ਹੀ ਨਿਰਮਲ ਨਿਰਮਲ ਗੁਣ ਪਾਤਿਸਾਹਾ ਹੇ ॥੧੫॥ ਗੁਣ ਕਾ ਦਾਤਾ ਸਚਾ ਸੋਈ ॥ ਗੁਰਮੁਖਿ ਵਿਰਲਾ ਬੂਝੈ ਕੋਈ ॥ ਨਾਨਕ ਜਨੁ ਨਾਮੁ ਸਲਾਹੇ ਬਿਗਸੈ, ਸੋ ਨਾਮੁ ਬੇਪਰਵਾਹਾ ਹੇ ॥੧੬॥੨॥੧੧॥ {ਪੰਨਾ ੧੦੫੫}

ਪਦ ਅਰਥ :—ਗੁਰਮੁਖਿ—ਗੁਰੂ ਦੇ ਸਨਮੁਖ ਰਹਿਣ ਵਾਲਾ ਮਨੁੱਖ । ਉਪਜੈ—ਪੈਦਾ ਹੁੰਦਾ ਹੈ । ਸਾਚਿ—ਸਦਾ ਕਾਇਮ ਰਹਿਣ ਵਾਲੇ ਪਰਮਾਤਮਾ ਵਿਚ । ਮਰਿ—ਮਰ ਕੇ । ਰਹਹਿ—ਰਹਿੰਦੇ ਹਨ {ਬਹੁ-ਵਚਨ} । ਰੰਗਿ—ਪ੍ਰੇਮ ਰੰਗ ਵਿਚ । ਰਾਤੇ—ਰੰਗੇ ਹੋਏ {ਬਹੁ-ਵਚਨ} । ਅਨਦਿਨੁ—ਹਰ ਰੋਜ਼, ਹਰ ਵੇਲੇ ।੧੩।

ਸੋਹਹਿ—ਸੋਭਦੇ ਹਨ, ਆਦਰ ਪਾਂਦੇ ਹਨ {ਬਹੁ-ਵਚਨ} । ਸਚੀ ਬਾਣੀ—ਸਦਾ-ਥਿਰ ਪ੍ਰਭੂ ਦੀ ਸਿਫ਼ਤਿ-ਸਾਲਾਹ ਦੀ ਬਾਣੀ ਦੀ ਰਾਹੀਂ । ਸਬਦਿ—ਗੁਰੂ ਦੇ ਸ਼ਬਦ ਦੀ ਬਰਕਤਿ ਨਾਲ । ਗਾਵੈ—ਗਾਂਦਾ ਹੈ {ਇਕ-ਵਚਨ} । ਸਹਜ—ਆਤਮਕ ਅਡੋਲਤਾ । ਸੇਤੀ—ਨਾਲ । ਘਰਿ—ਘਰ ਵਿਚ, ਪ੍ਰਭੂ-ਚਰਨਾਂ ਵਿਚ ।੧੪।

ਭਗਤਿ—{ਲਫ਼ਜ਼ 'ਭਗਤਿ' ਅਤੇ 'ਭਗਤ' ਦਾ ਫ਼ਰਕ ਚੇਤੇ ਰੱਖਣ-ਜੋਗ ਹੈ ।} ਲਾਏ—ਲਾਇ, ਲਾ ਕੇ । ਗਾਵਹਿ—ਗਾਂਦੇ ਹਨ {ਬਹੁ-ਵਚਨ} । ਸਦ—ਸਦਾ । ਨਿਰਮਲ—ਪਵਿੱਤਰ ਜੀਵਨ ਵਾਲੇ ।੧੫।

ਸਚਾ—ਸਦਾ ਕਾਇਮ ਰਹਿਣ ਵਾਲਾ ਪਰਮਾਤਮਾ । ਬੂਝੈ—ਸਮਝਦਾ ਹੈ । ਬਿਗਸੈ—ਵਿਗਸਦਾ ਹੈ, ਖਿੜਦਾ ਹੈ ।੧੬।

ਅਰਥ :—ਹੇ ਭਾਈ! ਜਿਹੜਾ ਮਨੁੱਖ ਗੁਰੂ ਦੀ ਸਰਨ ਪੈਂਦਾ ਹੈ, ਉਹ ਉਸ ਸਦਾ-ਥਿਰ ਪਰਮਾਤਮਾ (ਦੀ ਯਾਦ) ਵਿਚ ਲੀਨ ਰਹਿੰਦਾ ਹੈ ਜਿਸ ਤੋਂ ਉਹ ਪੈਦਾ ਹੋਇਆ ਹੈ, (ਇਸ ਵਾਸਤੇ) ਉਹ ਮੁੜ ਮੁੜ ਮਰਦਾ ਜੰਮਦਾ ਨਹੀਂ, ਉਹ ਜੂਨਾਂ ਵਿਚ ਨਹੀਂ ਪੈਂਦਾ । ਹੇ ਭਾਈ! ਗੁਰੂ ਦੇ ਸਨਮੁਖ ਰਹਿਣ ਵਾਲੇ ਬੰਦੇ ਸਦਾ ਪਰਮਾਤਮਾ ਦੇ ਪ੍ਰੇਮ-ਰੰਗ ਵਿਚ ਰੰਗੇ ਰਹਿੰਦੇ ਹਨ, ਉਹ ਹਰ ਵੇਲੇ ਇਹ ਲਾਭ ਖੱਟਦੇ ਹਨ ।੧੩।

ਹੇ ਭਾਈ! ਗੁਰੂ ਦੇ ਸਨਮੁਖ ਰਹਿਣ ਵਾਲੇ ਭਗਤ ਪਰਮਾਤਮਾ ਦੀ ਹਜ਼ੂਰੀ ਵਿਚ ਆਦਰ ਪਾਂਦੇ ਹਨ । ਸਦਾ-ਥਿਰ ਪ੍ਰਭੂ ਦੀ ਸਿਫ਼ਤਿ-ਸਾਲਾਹ ਦੀ ਬਾਣੀ ਨਾਲ ਗੁਰੂ ਦੇ ਸ਼ਬਦ ਦੀ ਬਰਕਤਿ ਨਾਲ ਉਹਨਾਂ ਦੇ ਜੀਵਨ ਸੁਧਰ ਜਾਂਦੇ ਹਨ । ਹੇ ਭਾਈ! ਜਿਹੜਾ ਮਨੁੱਖ ਹਰ ਵੇਲੇ ਦਿਨ ਰਾਤ ਪਰਮਾਤਮਾ ਦੇ ਗੁਣ ਗਾਂਦਾ ਹੈ, ਉਹ ਆਤਮਕ ਅਡੋਲਤਾ ਨਾਲ ਪ੍ਰਭੂ-ਚਰਨਾਂ ਵਿਚ ਟਿਕਿਆ ਰਹਿੰਦਾ ਹੈ (ਉਸ ਦਾ ਮਨ ਬਾਹਰ ਨਹੀਂ ਭਟਕਦਾ) ।੧੪।

ਹੇ ਭਾਈ! ਪੂਰਾ ਗੁਰੂ ਸ਼ਬਦ ਸੁਣਾਂਦਾ ਹੈ (ਤੇ ਆਖਦਾ ਹੈ ਕਿ) ਹਰ ਵੇਲੇ ਸੁਰਤਿ ਜੋੜ ਕੇ ਪਰਮਾਤਮਾ ਦੀ ਭਗਤੀ ਕਰਦੇ ਰਹੋ । ਜਿਹੜੇ ਮਨੁੱਖ ਪਰਮਾਤਮਾ ਦੇ ਗੁਣ ਗਾਂਦੇ ਹਨ, ਪ੍ਰਭੂ-ਪਾਤਿਸ਼ਾਹ ਦੇ ਪਵਿੱਤਰ ਗੁਣ ਗਾਂਦੇ ਹਨ, ਉਹ ਪਵਿੱਤਰ ਜੀਵਨ ਵਾਲੇ ਹੋ ਜਾਂਦੇ ਹਨ ।੧੫।

ਪਰ, ਹੇ ਭਾਈ! (ਆਪਣੇ) ਗੁਣਾਂ (ਦੇ ਗਾਣ) ਦੀ ਦਾਤਿ ਦੇਣ ਵਾਲਾ ਉਹ ਸਦਾ-ਥਿਰ ਪਰਮਾਤਮਾ ਆਪ ਹੀ ਹੈ । ਗੁਰੂ ਦੇ ਸਨਮੁਖ ਰਹਿਣ ਵਾਲਾ ਕੋਈ ਵਿਰਲਾ ਮਨੁੱਖ (ਇਸ ਗੱਲ ਨੂੰ) ਸਮਝਦਾ ਹੈ ।

ਹੇ ਨਾਨਕ! ਪਰਮਾਤਮਾ ਦਾ ਜਿਹੜਾ ਸੇਵਕ ਪਰਮਾਤਮਾ ਦੇ ਨਾਮ ਦੀ ਵਡਿਆਈ ਕਰਦਾ ਹੈ, ਵੇਪਰਵਾਹ ਪ੍ਰਭੂ ਦਾ ਨਾਮ ਜਪਦਾ ਹੈ, ਉਹ ਸਦਾ ਖਿੜਿਆ ਰਹਿੰਦਾ ਹੈ ।੧੬।੨।੧੧।

ਮਾਰੂ ਮਹਲਾ ੩ ॥ ਹਰਿ ਜੀਉ ਸੇਵਿਹੁ ਅਗਮ ਅਪਾਰਾ ॥ ਤਿਸ ਦਾ ਅੰਤੁ ਨ ਪਾਈਐ ਪਾਰਾਵਾਰਾ ॥ ਗੁਰ ਪਰਸਾਦਿ ਰਵਿਆ ਘਟ ਅੰਤਰਿ ਤਿਤੁ ਘਟਿ ਮਤਿ ਅਗਾਹਾ ਹੇ ॥੧॥ ਸਭ ਮਹਿ ਵਰਤੈ ਏਕੋ ਸੋਈ ॥ ਗੁਰ ਪਰਸਾਦੀ ਪਰਗਟੁ ਹੋਈ ॥ ਸਭਨਾ ਪ੍ਰਤਿਪਾਲ ਕਰੇ ਜਗਜੀਵਨੁ ਦੇਦਾ ਰਿਜਕੁ ਸੰਬਾਹਾ ਹੇ ॥੨॥ ਪੂਰੈ ਸਤਿਗੁਰਿ ਬੂਝਿ ਬੁਝਾਇਆ ॥ ਹੁਕਮੇ ਹੀ ਸਭੁ ਜਗਤੁ ਉਪਾਇਆ ॥ ਹੁਕਮੁ ਮੰਨੇ ਸੋਈ ਸੁਖੁ ਪਾਏ ਹੁਕਮੁ ਸਿਰਿ ਸਾਹਾ ਪਾਤਿਸਾਹਾ ਹੇ ॥੩॥ ਸਚਾ ਸਤਿਗੁਰੁ ਸਬਦੁ ਅਪਾਰਾ ॥ ਤਿਸ ਦੈ ਸਬਦਿ ਨਿਸਤਰੈ ਸੰਸਾਰਾ ॥ ਆਪੇ ਕਰਤਾ ਕਰਿ ਕਰਿ ਵੇਖੈ ਦੇਦਾ ਸਾਸ ਗਿਰਾਹਾ ਹੇ ॥੪॥ {ਪੰਨਾ ੧੦੫੫}

ਪਦ ਅਰਥ :—ਸੇਵਿਹੁ—ਸਿਮਰਨ ਕਰਿਆ ਕਰੋ । ਅਗਮ—ਅਪਹੁੰਚ । ਅਪਾਰਾ—ਬੇਅੰਤ । ਪਾਰਾਵਾਰਾ—ਪਾਰ-ਅਵਾਰ, ਪਾਰਲਾ ਉਰਲਾ ਬੰਨਾ । ਪਰਸਾਦਿ—ਕਿਰਪਾ ਨਾਲ । ਘਟ ਅੰਤਰਿ—ਜਿਸ ਹਿਰਦੇ ਵਿਚ । ਤਿਤੁ ਘਟਿ—ਉਸ ਹਿਰਦੇ ਵਿਚ । ਅਗਾਹਾ—ਅਥਾਹ ।੧।

ਸਭ ਮਹਿ—ਸਭ ਜੀਆਂ ਵਿਚ । ਵਰਤੈ—ਮੌਜੂਦ ਹੈ । ਪਰਸਾਦੀ—ਪਰਸਾਦਿ, ਕਿਰਪਾ ਨਾਲ । ਪ੍ਰਤਿਪਾਲ—ਪਾਲਣਾ । ਜਗ ਜੀਵਨੁ—ਜਗਤ ਦਾ ਸਹਾਰਾ ਪ੍ਰਭੂ । ਸੰਬਾਹਾ—ਪੁਚਾਂਦਾ ਹੈ ।੨।

ਸਤਿਗੁਰਿ—ਗੁਰੂ ਨੇ । ਬੂਝਿ—(ਆਪ) ਸਮਝ ਕੇ । ਬੁਝਾਇਆ—(ਜਗਤ ਨੂੰ) ਸਮਝਾਇਆ ਹੈ (ਕਿ) । ਹੁਕਮੇ—(ਆਪਣੇ) ਹੁਕਮ ਵਿਚ ਹੀ । ਸਿਰਿ—ਸਿਰ ਉੱਤੇ ।੩।

ਸਚਾ—ਸਦਾ-ਥਿਰ, ਅਭੁੱਲ । ਸਬਦੁ—(ਗੁਰੂ ਦਾ) ਸ਼ਬਦ (ਉਪਦੇਸ਼) ਭੀ । ਅਪਾਰਾ—ਬਹੁਤ ਡੂੰਘਾ । ਦੈ ਸਬਦਿ—ਦੇ ਸ਼ਬਦ ਦੀ ਰਾਹੀਂ । ਤਿਸ ਦੈ—{ਸੰਬੰਧਕ 'ਦੈ' ਦੇ ਕਾਰਨ ਲਫ਼ਜ਼ 'ਤਿਸੁ' ਦਾ _ ਉੱਡ ਗਿਆ ਹੈ} । ਨਿਸਤਰੈ—(ਸੰਸਾਰ-ਸਮੁੰਦਰ ਤੋਂ) ਪਾਰ ਲੰਘ ਜਾਂਦਾ ਹੈ । ਕਰਿ—ਕਰ ਕੇ । ਵੇਖੈ—ਸੰਭਾਲ ਕਰਦਾ ਹੈ । ਸਾਸ—ਸਾਹ {ਬਹੁ-ਵਚਨ} । ਗਿਰਾਹਾ—ਗਿਰਾਹੀ, ਰੋਜ਼ੀ ।੪।

ਅਰਥ :—ਹੇ ਭਾਈ! ਬੇਅੰਤ ਅਤੇ ਅਪਹੁੰਚ ਪਰਮਾਤਮਾ ਦਾ ਸਿਮਰਨ ਕਰਦੇ ਰਿਹਾ ਕਰੋ । ਉਸ (ਦੇ ਗੁਣਾਂ) ਦਾ ਅੰਤ ਨਹੀਂ ਪਾਇਆ ਜਾ ਸਕਦਾ, (ਉਸ ਦੀ ਹਸਤੀ) ਦਾ ਉਰਲਾ ਪਾਰਲਾ ਬੰਨਾ ਲੱਭਿਆ ਨਹੀਂ ਜਾ ਸਕਦਾ । ਹੇ ਭਾਈ! ਗੁਰੂ ਦੀ ਕਿਰਪਾ ਨਾਲ ਜਿਸ ਹਿਰਦੇ ਵਿਚ ਪਰਮਾਤਮਾ ਆ ਵੱਸਦਾ ਹੈ, ਉਸ

ਹਿਰਦੇ ਵਿਚ ਬੜੀ ਉੱਚੀ ਮਤਿ ਪਰਗਟ ਹੋ ਜਾਂਦੀ ਹੈ ।੧।

ਹੇ ਭਾਈ! ਸਿਰਫ਼ ਉਹ ਪਰਮਾਤਮਾ ਹੀ ਸਭ ਜੀਵਾਂ ਵਿਚ ਵਿਆਪਕ ਹੈ, ਪਰ ਗੁਰੂ ਦੀ ਕਿਰਪਾ ਨਾਲ ਹੀ ਉਹ ਪਰਗਟ ਹੁੰਦਾ ਹੈ । ਉਹ ਜਗਤ-ਦਾ-ਸਹਾਰਾ ਪ੍ਰਭੂ ਸਭ ਜੀਵਾਂ ਦੀ ਪਾਲਣਾ ਕਰਦਾ ਹੈ, ਸਭਨਾਂ ਨੂੰ ਰਿਜ਼ਕ ਦੇਂਦਾ ਹੈ, ਸਭਨਾਂ ਨੂੰ ਰਿਜ਼ਕ ਅਪੜਾਂਦਾ ਹੈ ।੨।

ਹੇ ਭਾਈ! ਪੂਰੇ ਗੁਰੂ ਨੇ (ਆਪ) ਸਮਝ ਕੇ (ਜਗਤ ਨੂੰ) ਸਮਝਾਇਆ ਹੈ ਕਿ ਪਰਮਾਤਮਾ ਨੇ ਆਪਣੇ ਹੁਕਮ ਵਿਚ ਹੀ ਸਾਰਾ ਜਗਤ ਪੈਦਾ ਕੀਤਾ ਹੈ । ਜਿਹੜਾ ਮਨੁੱਖ ਉਸ ਦੇ ਹੁਕਮ ਨੂੰ (ਮਿੱਠਾ ਕਰਕੇ) ਮੰਨਦਾ ਹੈ, ਉਹੀ ਆਤਮਕ ਆਨੰਦ ਮਾਣਦਾ ਹੈ । ਉਸ ਦਾ ਹੁਕਮ ਸ਼ਾਹਾਂ ਪਾਤਿਸ਼ਾਹਾਂ ਦੇ ਸਿਰ ਉਤੇ ਭੀ ਚੱਲ ਰਿਹਾ ਹੈ (ਕੋਈ ਉਸ ਤੋਂ ਆਕੀ ਨਹੀਂ ਹੋ ਸਕਦਾ) ।੩।

ਹੇ ਭਾਈ! ਗੁਰੂ ਅਭੁੱਲ ਹੈ, ਉਸ ਦਾ ਉਪਦੇਸ਼ ਭੀ ਬਹੁਤ ਡੂੰਘਾ ਹੈ । ਉਸ ਦੇ ਸ਼ਬਦ ਦੀ ਰਾਹੀਂ ਜਗਤ (ਸੰਸਾਰ-ਸਮੁੰਦਰ ਤੋਂ) ਪਾਰ ਲੰਘਦਾ ਹੈ । (ਗੁਰੂ ਇਹ ਦੱਸਦਾ ਹੈ ਕਿ) ਪਰਮਾਤਮਾ ਆਪ ਹੀ (ਜੀਵਾਂ ਨੂੰ) ਪੈਦਾ ਕਰ ਕੇ (ਉਹਨਾਂ ਦੀ) ਸੰਭਾਲ ਕਰਦਾ ਹੈ, (ਸਭਨਾਂ ਨੂੰ) ਸਾਹ (ਜਿੰਦ) ਭੀ ਦੇਂਦਾ ਹੈ ਰੋਜ਼ੀ ਭੀ ਦੇਂਦਾ ਹੈ ।੪।

ਕੋਟਿ ਮਧੇ ਕਿਸਹਿ ਬੁਝਾਏ ॥ ਗੁਰ ਕੈ ਸਬਦਿ ਰਤੇ ਰੰਗੁ ਲਾਏ ॥ ਹਰਿ ਸਾਲਾਹਹਿ ਸਦਾ ਸੁਖਦਾਤਾ ਹਰਿ ਬਖਸੇ ਭਗਤਿ ਸਲਾਹਾ ਹੇ ॥੫॥ ਸਤਿਗੁਰੁ ਸੇਵਹਿ ਸੇ ਜਨ ਸਾਚੇ ॥ ਜੋ ਮਰਿ ਜੰਮਹਿ ਕਾਚ ਨਿਕਾਚੇ ॥ ਅਗਮ ਅਗੋਚਰੁ ਵੇਪਰਵਾਹਾ ਭਗਤਿ ਵਛਲੁ ਅਥਾਹਾ ਹੇ ॥੬॥ ਸਤਿਗੁਰੁ ਪੂਰਾ ਸਾਚੁ ਦ੍ਰਿੜਾਏ ॥ ਸਚੈ ਸਬਦਿ ਸਦਾ ਗੁਣ ਗਾਏ ॥ ਗੁਣਦਾਤਾ ਵਰਤੈ ਸਭ ਅੰਤਰਿ ਸਿਰਿ ਸਿਰਿ ਲਿਖਦਾ ਸਾਹਾ ਹੇ ॥੭॥ ਸਦਾ ਹਦੂਰਿ ਗੁਰਮੁਖਿ ਜਾਪੈ ॥ ਸਬਦੇ ਸੇਵੈ ਸੋ ਜਨੁ ਧ੍ਰਾਪੈ ॥ ਅਨਦਿਨੁ ਸੇਵਹਿ ਸਚੀ ਬਾਣੀ ਸਬਦਿ ਸਚੈ ਓਮਾਹਾ ਹੇ ॥੮॥ {ਪੰਨਾ ੧੦੫੫}

ਪਦ ਅਰਥ :—ਕੋਟਿ—ਕ੍ਰੋੜ । ਮਧੇ—ਵਿਚ । ਕਿਸਹਿ—ਕਿਸੇ ਵਿਰਲੇ ਨੂੰ {ਕ੍ਰਿਆ ਵਿਸ਼ੇਸ਼ਣ 'ਹੀ' ਦੇ ਕਾਰਨ ਲਫ਼ਜ਼ 'ਕਿਸੁ' ਦਾ ੁ ਉੱਡ ਗਿਆ ਹੈ} । ਰੰਗੁ ਲਾਇ—ਰੰਗ ਲਾ ਕੇ, ਪਿਆਰ ਨਾਲ । ਸਾਲਾਹਹਿ—ਸਲਾਹੁੰਦੇ ਹਨ । ਸਾਲਾਹਾ—ਸਿਫ਼ਤਿ-ਸਾਲਾਹ ।੫।

ਸੇਵਹਿ—ਸੇਂਵਦੇ ਹਨ, ਸਰਨ ਪੈਂਦੇ ਹਨ । ਸਾਚੇ—ਟਿਕਵੇਂ ਜੀਵਨ ਵਾਲੇ । ਮਰਿ ਜੰਮਹਿ—ਮਰ ਕੇ ਜੰਮਦੇ ਹਨ, ਜੰਮਦੇ ਮਰਦੇ ਰਹਿੰਦੇ ਹਨ । ਕਾਚ ਨਿਕਾਚੇ—ਨਿਰੋਲ ਕੱਚੇ, ਬਹੁਤ ਕਮਜ਼ੋਰ ਆਤਮਕ ਜੀਵਨ ਵਾਲੇ । ਭਗਤਿ ਵਛਲੁ—ਭਗਤੀ ਨਾਲ ਪਿਆਰ ਕਰਨ ਵਾਲਾ । ਆਥਾਹਾ—ਅਥਾਹ, ਬਹੁਤ ਹੀ ਡੂੰਘਾ, ਬੇਅੰਤ ।੬।

ਸਾਚੁ—ਸਦਾ-ਥਿਰ ਹਰਿ-ਨਾਮ । ਦ੍ਰਿੜਾਏ—(ਹਿਰਦੇ ਵਿਚ) ਪੱਕਾ ਕਰਦਾ ਹੈ । ਸਚੈ ਸਬਦਿ—ਸਦਾ-ਥਿਰ ਪ੍ਰਭੂ ਦੀ ਸਿਫ਼ਤਿ-ਸਾਲਾਹ ਦੀ ਬਾਣੀ ਦੀ ਰਾਹੀਂ । ਵਰਤੈ—ਵਿਆਪਕ (ਦਿੱਸਦਾ) ਹੈ । ਸਿਰਿ ਸਿਰਿ—ਹਰੇਕ (ਜੀਵ) ਦੇ ਸਿਰ ਉੱਤੇ ।੭।

ਹਦੂਰਿ—ਅੰਗ-ਸੰਗ । ਜਾਪੈ—ਪ੍ਰਤੀਤ ਹੁੰਦਾ ਹੈ । ਸਬਦੇ—ਸ਼ਬਦ ਦੀ ਰਾਹੀਂ । ਧ੍ਰਾਪੈ—(ਮਾਇਆ ਦੀ ਤ੍ਰਿਸ਼ਨਾ ਵੱਲੋਂ) ਰੱਜ ਜਾਂਦਾ ਹੈ । ਅਨਦਿਨੁ—ਹਰ ਰੋਜ਼, ਹਰ ਵੇਲੇ । ਸੇਵਹਿ—ਸੇਵਾ-ਭਗਤੀ ਕਰਦੇ ਹਨ । ਸਚੀ ਬਾਣੀ—ਸਿਫ਼ਤਿ-ਸਾਲਾਹ ਦੀ ਬਾਣੀ ਦੀ ਰਾਹੀਂ । ਸਬਦਿ ਸਚੈ—ਸਦਾ-ਥਿਰ ਪ੍ਰਭੂ ਦੀ ਸਿਫ਼ਤਿ-ਸਾਲਾਹ ਦੀ ਬਾਣੀ ਦੀ ਰਾਹੀਂ । ਓਮਾਹਾ—ਖਿੜਾਉ, ਆਨੰਦ ।੮।

ਅਰਥ :—ਹੇ ਭਾਈ! ਕ੍ਰੋੜਾਂ ਵਿਚੋਂ ਕਿਸੇ ਵਿਰਲੇ ਨੂੰ (ਪਰਮਾਤਮਾ ਸਹੀ ਆਤਮਕ ਜੀਵਨ ਦੀ) ਸੂਝ ਬਖ਼ਸ਼ਦਾ ਹੈ । ਹੇ ਭਾਈ! ਜਿਹੜੇ ਮਨੁੱਖ ਪਿਆਰ ਨਾਲ ਗੁਰੂ ਦੇ ਸ਼ਬਦ ਵਿਚ ਮਸਤ ਰਹਿੰਦੇ ਹਨ, ਅਤੇ ਸਾਰੇ ਸੁਖਾਂ ਦੇ ਦਾਤੇ ਹਰੀ ਦੀ ਸਦਾ ਸਿਫ਼ਤਿ-ਸਾਲਾਹ ਕਰਦੇ ਹਨ, ਪਰਮਾਤਮਾ ਉਹਨਾਂ ਨੂੰ ਭਗਤੀ ਅਤੇ ਸਿਫ਼ਤਿ-ਸਾਲਾਹ ਦੀ (ਹੋਰ) ਦਾਤਿ ਬਖ਼ਸ਼ਦਾ ਹੈ ।੫।

ਹੇ ਭਾਈ! ਜਿਹੜੇ ਮਨੁੱਖ ਗੁਰੂ ਦੀ ਸਰਨ ਪੈਂਦੇ ਹਨ, ਉਹ ਅਡੋਲ ਜੀਵਨ ਵਾਲੇ ਹੋ ਜਾਂਦੇ ਹਨ । ਪਰ ਜਿਹੜੇ ਜਨਮ ਮਰਨ ਦੇ ਗੇੜ ਵਿਚ ਪਏ ਹੋਏ ਹਨ, ਉਹ ਬਹੁਤ ਹੀ ਕਮਜ਼ੋਰ ਆਤਮਕ ਜੀਵਨ ਵਾਲੇ ਹਨ । ਹੇ ਭਾਈ! ਅਪਹੁੰਚ ਅਗੋਚਰੁ ਵੇਪਰਵਾਹ ਅਤੇ ਬੇਅੰਤ ਪਰਮਾਤਮਾ ਭਗਤੀ ਨਾਲ ਪਿਆਰ ਕਰਦਾ ਹੈ ।੬।

ਹੇ ਭਾਈ! ਪੂਰਾ ਗੁਰੂ ਜਿਸ ਮਨੁੱਖ ਦੇ ਹਿਰਦੇ ਵਿਚ ਸਦਾ-ਥਿਰ ਹਰਿ-ਨਾਮ ਪੱਕਾ ਕਰਦਾ ਹੈ, ਉਹ ਮਨੁੱਖ ਸ਼ਬਦ ਦੀ ਰਾਹੀਂ ਸਦਾ-ਥਿਰ ਪ੍ਰਭੂ ਦੇ ਗੁਣ ਗਾਂਦਾ ਹੈ, ਉਸ ਨੂੰ ਇਉਂ ਦਿੱਸਦਾ ਹੈ ਕਿ ਗੁਣ-ਦਾਤਾ ਪ੍ਰਭੂ ਸਭ ਜੀਵਾਂ ਵਿਚ ਵੱਸ ਰਿਹਾ ਹੈ, ਅਤੇ ਹਰੇਕ ਦੇ ਸਿਰ ਉੱਤੇ ਉਹ ਸਮਾ (ਸਾਹਾ) ਲਿਖਦਾ ਹੈ (ਜਦੋਂ ਜਿੰਦ-ਵਹੁਟੀ ਨੇ ਪਰਲੋਕ ਸਹੁਰੇ-ਘਰ ਤੁਰ ਪੈਣਾ ਹੈ) ।੭।

ਹੇ ਭਾਈ! ਗੁਰੂ ਦੇ ਸਨਮੁਖ ਰਹਿਣ ਵਾਲੇ ਮਨੁੱਖ ਨੂੰ ਪਰਮਾਤਮਾ ਅੰਗ-ਸੰਗ ਵੱਸਦਾ ਦਿੱਸਦਾ ਹੈ । ਜਿਹੜਾ ਮਨੁੱਖ ਗੁਰੂ ਦੇ ਸ਼ਬਦ ਦੀ ਰਾਹੀਂ ਸੇਵਾ-ਭਗਤੀ ਕਰਦਾ ਹੈ ਉਹ ਮਨੁੱਖ (ਮਾਇਆ ਦੀ ਤ੍ਰਿਸ਼ਨਾ ਵੱਲੋਂ) ਰੱਜਿਆ ਰਹਿੰਦਾ ਹੈ । ਹੇ ਭਾਈ! ਜਿਹੜੇ ਮਨੁੱਖ ਸਿਫ਼ਤਿ-ਸਾਲਾਹ ਵਾਲੀ ਬਾਣੀ ਦੀ ਰਾਹੀਂ ਹਰ ਵੇਲੇ ਪਰਮਾਤਮਾ ਦੀ ਸੇਵਾ ਭਗਤੀ ਕਰਦੇ ਹਨ, ਸ਼ਬਦ ਦੀ ਬਰਕਤਿ ਨਾਲ ਉਹਨਾਂ ਦੇ ਅੰਦਰ ਆਤਮਕ ਆਨੰਦ ਬਣਿਆ ਰਹਿੰਦਾ ਹੈ ।੮।

ਅਗਿਆਨੀ ਅੰਧਾ ਬਹੁ ਕਰਮ ਦ੍ਰਿੜਾਏ ॥ ਮਨ ਹਠਿ ਕਰਮ ਫਿਰਿ ਜੋਨੀ ਪਾਏ ॥ ਬਿਖਿਆ ਕਾਰਣਿ ਲਬੁ ਲੋਭੁ ਕਮਾਵਹਿ ਦੁਰਮਤਿ ਕਾ ਦੋਰਾਹਾ ਹੇ ॥੯॥ ਪੂਰਾ ਸਤਿਗੁਰੁ ਭਗਤਿ ਦ੍ਰਿੜਾਏ ॥ ਗੁਰ ਕੈ ਸਬਦਿ ਹਰਿ ਨਾਮਿ ਚਿਤੁ ਲਾਏ ॥ ਮਨਿ ਤਨਿ ਹਰਿ ਰਵਿਆ ਘਟ ਅੰਤਰਿ ਮਨਿ ਭੀਨੈ ਭਗਤਿ ਸਲਾਹਾ ਹੇ ॥੧੦॥ ਮੇਰਾ ਪ੍ਰਭੁ ਸਾਚਾ ਅਸੁਰ ਸੰਘਾਰਣੁ ॥ ਗੁਰ ਕੈ ਸਬਦਿ ਭਗਤਿ ਨਿਸਤਾਰਣੁ ॥ ਮੇਰਾ ਪ੍ਰਭੁ ਸਾਚਾ ਸਦ ਹੀ ਸਾਚਾ ਸਿਰਿ ਸਾਹਾ ਪਾਤਿਸਾਹਾ ਹੇ ॥੧੧॥ ਸੇ ਭਗਤ ਸਚੇ ਤੇਰੈ ਮਨਿ ਭਾਏ ॥ ਦਰਿ ਕੀਰਤਨੁ ਕਰਹਿ ਗੁਰ ਸਬਦਿ ਸੁਹਾਏ ॥ ਸਾਚੀ ਬਾਣੀ ਅਨਦਿਨੁ ਗਾਵਹਿ ਨਿਰਧਨ ਕਾ ਨਾਮੁ ਵੇਸਾਹਾ ਹੇ ॥੧੨॥ {ਪੰਨਾ ੧੦੫੬}

ਪਦ ਅਰਥ :—ਅਗਿਆਨੀ—(ਆਤਮਕ ਜੀਵਨ ਤੋਂ) ਬੇ-ਸਮਝ ਮਨੁੱਖ । ਅੰਧਾ—(ਮਾਇਆ ਦੇ ਮੋਹ ਵਿਚ) ਅੰਨ੍ਹਾ ਹੋਇਆ ਮਨੁੱਖ । ਬਹੁ ਕਰਮ—(ਤੀਰਥ-ਇਸ਼ਨਾਨ ਆਦਿਕ) ਅਨੇਕਾਂ (ਮਿਥੇ ਹੋਏ ਧਾਰਮਿਕ) ਕਰਮ । ਦ੍ਰਿੜਾਏ—ਜ਼ੋਰ ਦੇਂਦਾ ਹੈ । ਹਠਿ—ਹਠ ਨਾਲ । ਬਿਖਿਆ—ਮਾਇਆ । ਕਾਰਣਿ—ਦੀ ਖ਼ਾਤਰ । ਦੋਰਾਹਾ—ਦੋ ਰਸਤਿਆਂ ਦਾ ਮੇਲ (ਜਿੱਥੇ ਇਹ ਪਤਾ ਨਾਹ ਲੱਗ ਸਕੇ ਕਿ ਅਸਲ ਰਸਤਾ ਕਿਹੜਾ ਹੈ), ਦੁਚਿੱਤਾ-ਪਨ । ਦੁਰਮਤਿ—ਖੋਟੀ ਮਤਿ ।੯।

ਕੈ ਸਬਦਿ—ਦੇ ਸ਼ਬਦ ਦੀ ਰਾਹੀਂ । ਨਾਮਿ—ਨਾਮ ਵਿਚ । ਮਨਿ—ਮਨ ਵਿਚ । ਤਨਿ—ਤਨ ਵਿਚ, ਹਿਰਦੇ ਵਿਚ । ਘਟ ਅੰਤਰਿ—ਹਿਰਦੇ ਵਿਚ । ਮਨਿ ਭੀਨੈ—ਜੇ ਮਨ ਭਿਜ ਜਾਏ, ਮਨ ਭਿੱਜਿਆਂ । ਸਾਲਾਹ—ਸਿਫ਼ਤਿ-ਸਾਲਾਹ ।੧੦।

ਸਾਚਾ—ਸਦਾ ਕਾਇਮ ਰਹਿਣ ਵਾਲਾ । ਅਸੁਰ ਸੰਘਾਰਣੁ—(ਕਾਮਾਦਿਕ) ਦੈਂਤਾਂ ਦਾ ਨਾਸ ਕਰਨ ਵਾਲਾ । ਨਿਸਤਾਰਣੁ—ਸੰਸਾਰ-ਸਮੁੰਦਰ ਤੋਂ ਪਾਰ ਲੰਘਾਣ ਵਾਲਾ । ਸਿਰਿ—ਸਿਰ ਉਤੇ ।੧੧।

ਸੇ—ਉਹ {ਬਹੁ-ਵਚਨ} । ਸਚੇ—ਅਡੋਲ ਜੀਵਨ ਵਾਲੇ । ਤੇਰੈ ਮਨਿ—ਤੇਰੇ ਮਨ ਵਿਚ । ਭਾਏ—ਚੰਗੇ ਲੱਗੇ । ਦਰਿ—(ਤੇਰੇ) ਦਰ ਤੇ । ਕਰਹਿ—ਕਰਦੇ ਹਨ {ਬਹੁ-ਵਚਨ} । ਸੁਹਾਏ—ਸੋਹਣੇ ਆਤਮਕ ਜੀਵਨ ਵਾਲੇ ਬਣ ਗਏ । ਸਾਚੀ ਬਾਣੀ—ਸਦਾ-ਥਿਰ ਪ੍ਰਭੂ ਦੀ ਸਿਫ਼ਤਿ-ਸਾਲਾਹ ਦੀ ਬਾਣੀ । ਅਨਦਿਨੁ—{ਅਨਦਿਨਾਜ਼} ਹਰ ਰੋਜ਼, ਹਰ ਵੇਲੇ । ਵੇਸਾਹਾ—ਪੂੰਜੀ, ਸਰਮਾਇਆ ।੧੨।

ਅਰਥ :—ਹੇ ਭਾਈ! (ਆਤਮਕ ਜੀਵਨ ਤੋਂ) ਬੇ-ਸਮਝ (ਅਤੇ ਮਾਇਆ ਦੇ ਮੋਹ ਵਿਚ) ਅੰਨ੍ਹਾਂ (ਹੋਇਆ) ਮਨੁੱਖ (ਹਰਿ-ਨਾਮ ਭੁਲਾ ਕੇ ਤੀਰਥ-ਇਸ਼ਨਾਨ ਆਦਿਕ ਹੋਰ ਹੋਰ) ਅਨੇਕਾਂ (ਮਿੱਥੇ ਹੋਏ ਧਾਰਮਿਕ) ਕਰਮਾਂ ਉੱਤੇ ਜ਼ੋਰ ਦੇਂਦਾ ਹੈ । ਪਰ ਜਿਹੜਾ ਮਨੁੱਖ ਮਨ ਦੇ ਹਠ ਨਾਲ (ਅਜਿਹੇ) ਕਰਮ (ਕਰਦਾ ਰਹਿੰਦਾ ਹੈ, ਉਹ) ਮੁੜ ਮੁੜ ਜੂਨੀਆਂ ਵਿਚ ਪੈਂਦਾ ਹੈ । ਹੇ ਭਾਈ! ਜਿਹੜੇ ਮਨੁੱਖ ਮਾਇਆ (ਕਮਾਣ) ਦੀ ਖ਼ਾਤਰ ਲੱਬ ਲੋਭ (ਨੂੰ ਚਮਕਾਣ ਵਾਲੇ) ਕਰਮ ਕਰਦੇ ਹਨ, ਉਹਨਾਂ ਦੇ ਜੀਵਨ-ਸਫ਼ਰ ਵਿਚ ਖੋਟੀ ਮਤਿ ਦਾ ਦੁ-ਚਿੱਤਾ-ਪਨ ਆ ਜਾਂਦਾ ਹੈ ।੯।

ਹੇ ਭਾਈ! ਪੂਰਾ ਗੁਰੂ ਜਿਸ ਮਨੁੱਖ ਦੇ ਹਿਰਦੇ ਵਿਚ ਪਰਮਾਤਮਾ ਦੀ ਭਗਤੀ ਕਰਨ ਦਾ ਵਿਸ਼ਵਾਸ ਪੈਦਾ ਕਰਦਾ ਹੈ, ਉਹ ਮਨੁੱਖ ਗੁਰੂ ਦੇ ਸ਼ਬਦ ਦੀ ਰਾਹੀਂ ਪਰਮਾਤਮਾ ਦੇ ਨਾਮ ਵਿਚ (ਆਪਣਾ) ਚਿੱਤ ਜੋੜਦਾ ਹੈ, ਉਸ ਦੇ ਮਨ ਵਿਚ ਤਨ ਵਿਚ ਹਿਰਦੇ ਵਿਚ ਸਦਾ ਪਰਮਾਤਮਾ ਵੱਸਿਆ ਰਹਿੰਦਾ ਹੈ । ਹੇ ਭਾਈ! (ਪਰਮਾਤਮਾ ਵਿਚ) ਮਨ ਭਿੱਜਿਆਂ ਮਨੁੱਖ ਉਸ ਦੀ ਭਗਤੀ ਤੇ ਸਿਫ਼ਤਿ-ਸਾਲਾਹ ਕਰਦਾ ਰਹਿੰਦਾ ਹੈ ।੧੦।

ਹੇ ਭਾਈ! ਮੇਰਾ ਪਰਮਾਤਮਾ ਸਦਾ ਕਾਇਮ ਰਹਿਣ ਵਾਲਾ ਹੈ, (ਮਨੁੱਖ ਦੇ ਅੰਦਰੋਂ ਕਾਮਾਦਿਕ) ਦੈਂਤਾਂ ਦਾ ਨਾਸ ਕਰਨ ਵਾਲਾ ਹੈ, ਗੁਰੂ ਦੇ ਸ਼ਬਦ ਵਿਚ (ਜੋੜ ਕੇ) (ਆਪਣੀ) ਭਗਤੀ ਵਿਚ (ਲਾ ਕੇ ਸੰਸਾਰ-ਸਮੁੰਦਰ ਤੋਂ) ਪਾਰ ਲੰਘਾਣ ਵਾਲਾ ਹੈ । ਹੇ ਭਾਈ! ਮੇਰਾ ਪ੍ਰਭੂ ਸਦਾ-ਥਿਰ ਰਹਿਣ ਵਾਲਾ ਹੈ ਸਦਾ ਹੀ ਕਾਇਮ ਰਹਿਣ ਵਾਲਾ ਹੈ, ਉਹ ਤਾਂ ਸ਼ਾਹਾਂ ਪਾਤਿਸ਼ਾਹਾਂ ਦੇ ਸਿਰ ਉੱਤੇ (ਭੀ ਹੁਕਮ ਚਲਾਣ ਵਾਲਾ) ਹੈ ।੧੧।

ਹੇ ਪ੍ਰਭੂ! ਉਹੀ ਭਗਤ ਅਡੋਲ ਆਤਮਕ ਜੀਵਨ ਵਾਲੇ ਬਣਦੇ ਹਨ, ਜਿਹੜੇ ਤੇਰੇ ਮਨ ਵਿਚ ਪਿਆਰੇ ਲੱਗਦੇ ਹਨ; ਉਹ ਤੇਰੇ ਦਰ ਤੇ (ਟਿਕ ਕੇ) ਤੇਰ ਸਿਫ਼ਤਿ-ਸਾਲਾਹ ਕਰਦੇ ਹਨ, ਗੁਰੂ ਦੇ ਸ਼ਬਦ ਦੀ ਬਰਕਤਿ ਨਾਲ ਉਹਨਾਂ ਦਾ ਆਤਮਕ ਜੀਵਨ ਸੋਹਣਾ ਬਣ ਜਾਂਦਾ ਹੈ । ਹੇ ਭਾਈ! ਉਹ ਭਗਤ ਜਨ ਸਦਾ-ਥਿਰ ਪ੍ਰਭੂ ਦੀ ਸਿਫ਼ਤਿ-ਸਾਲਾਹ ਦੀ ਬਾਣੀ ਹਰ ਵੇਲੇ ਗਾਂਦੇ ਹਨ । ਹੇ ਭਾਈ! ਪਰਮਾਤਮਾ ਦਾ ਨਾਮ (ਨਾਮ-) ਧਨ ਤੋਂ ਸੱਖਣੇ ਮਨੁੱਖਾਂ ਲਈ ਸਰਮਾਇਆ ਹੈ ।੧੨।

ਜਿਨ ਆਪੇ ਮੇਲਿ ਵਿਛੋੜਹਿ ਨਾਹੀ ॥ ਗੁਰ ਕੈ ਸਬਦਿ ਸਦਾ ਸਾਲਾਹੀ ॥ ਸਭਨਾ ਸਿਰਿ ਤੂ ਏਕੋ ਸਾਹਿਬੁ ਸਬਦੇ ਨਾਮੁ ਸਲਾਹਾ ਹੇ ॥੧੩॥ ਬਿਨੁ ਸਬਦੈ ਤੁਧੁ ਨੋ ਕੋਈ ਨ ਜਾਣੀ ॥ ਤੁਧੁ ਆਪੇ ਕਥੀ ਅਕਥ ਕਹਾਣੀ ॥ ਆਪੇ ਸਬਦੁ ਸਦਾ ਗੁਰੁ ਦਾਤਾ ਹਰਿ ਨਾਮੁ ਜਪਿ ਸੰਬਾਹਾ ਹੇ ॥੧੪॥ ਤੂ ਆਪੇ ਕਰਤਾ ਸਿਰਜਣਹਾਰਾ ॥ ਤੇਰਾ ਲਿਖਿਆ ਕੋਇ ਨ ਮੇਟਣਹਾਰਾ ॥ ਗੁਰਮੁਖਿ ਨਾਮੁ ਦੇਵਹਿ ਤੂ ਆਪੇ ਸਹਸਾ ਗਣਤ ਨ ਤਾਹਾ ਹੇ ॥੧੫॥ ਭਗਤ ਸਚੇ ਤੇਰੈ ਦਰਵਾਰੇ ॥ ਸਬਦੇ ਸੇਵਨਿ ਭਾਇ ਪਿਆਰੇ ॥ ਨਾਨਕ ਨਾਮਿ ਰਤੇ ਬੈਰਾਗੀ ਨਾਮੇ ਕਾਰਜੁ ਸੋਹਾ ਹੇ ॥੧੬॥੩॥੧੨॥ {ਪੰਨਾ ੧੦੫੬}

ਪਦ ਅਰਥ :—ਆਪੇ—(ਤੂੰ) ਆਪ ਹੀ । ਮੇਲਿ—ਮੇਲ ਕੇ । ਕੈ ਸਬਦਿ—ਦੇ ਸ਼ਬਦ ਦੀ ਰਾਹੀਂ । ਸਾਲਾਹੀ—ਸਾਲਾਹਿ, ਸਲਾਹੁੰਦੇ ਹਨ, ਸਿਫ਼ਤਿ-ਸਾਲਾਹ ਕਰਦੇ ਹਨ । ਸਿਰਿ—ਸਿਰ ਉੱਤੇ । ਸਾਹਿਬੁ—ਮਾਲਕ । ਸਬਦੇ—ਗੁਰੂ ਦੇ ਸ਼ਬਦ ਵਿਚ (ਜੁੜ ਕੇ) ।੧੩।

ਨੋ—ਨੂੰ । ਨ ਜਾਣੀ—ਨਹੀਂ ਜਾਣਦਾ, ਸਾਂਝ ਨਹੀਂ ਪਾ ਸਕਦਾ । ਆਪੇ—(ਗੁਰੂ-ਰੂਪ ਹੋ ਕੇ ਤੂੰ) ਆਪ ਹੀ । ਅਕਥ—ਜਿਸ ਦਾ ਸਹੀ ਸਰੂਪ ਬਿਆਨ ਨਾਹ ਕੀਤਾ ਜਾ ਸਕੇ । ਕਹਾਣੀ—ਸਿਫ਼ਤਿ-ਸਾਲਾਹ । ਜਪਿ—ਜਪ ਕੇ । ਸੰਬਾਹਾ—(ਨਾਮ) ਪੁਚਾਂਦਾ ਹੈਂ, ਦੇਂਦਾ ਹੈਂ ।੧੪।

ਮੇਟਣਹਾਰਾ—ਮਿਟਾ ਸਕਣ ਵਾਲਾ । ਗੁਰਮੁਖਿ—ਗੁਰੂ ਦੀ ਰਾਹੀਂ । ਦੇਵਹਿ—(ਤੂੰ) ਦੇਂਦਾ ਹੈਂ । ਸਹਸਾ—ਸਹਮ । ਗਣਤ—ਚਿੰਤਾ । ਤਾਹਾ—ਉਸ ਨੂੰ ।੧੫।

ਸਚੇ—ਸੁਰਖ਼ਰੂ । ਤੇਰੈ ਦਰਵਾਰੇ—ਤੇਰੇ ਦਰਬਾਰ ਵਿਚ । ਸੇਵਨਿ—ਸੇਂਵਦੇ ਹਨ, ਸੇਵਾ-ਭਗਤੀ ਕਰਦੇ ਹਨ । ਭਾਇ—ਪ੍ਰੇਮ ਨਾਲ {'ਭਾਉ' ਤੋਂ 'ਭਾਇ' ਕਰਣ ਕਾਰਕ, ਇਕ-ਵਚਨ । ਭਾਉ—ਪ੍ਰੇਮ} । ਰਤੇ—ਮਸਤ । ਬੈਰਾਗੀ—ਤਿਆਗੀ, ਵਿਰਕਤ । ਨਾਮੇ—ਨਾਮ ਦੀ ਰਾਹੀਂ ਹੀ । ਕਾਰਜੁ—(ਹਰੇਕ) ਕੰਮ । ਸੋਹਾ—ਸਿਰੇ ਚੜ੍ਹਦਾ ਹੈ, ਸੋਹਣਾ ਹੋ ਜਾਂਦਾ ਹੈ ।੧੬।

ਅਰਥ :—ਹੇ ਪ੍ਰਭੂ! ਤੂੰ ਆਪ ਹੀ ਜਿਨ੍ਹਾਂ ਮਨੁੱਖਾਂ ਨੂੰ (ਆਪਣੇ ਚਰਨਾਂ ਵਿਚ) ਜੋੜ ਕੇ (ਫਿਰ) ਵਿਛੋੜਦਾ ਨਹੀਂ ਹੈਂ, ਉਹ ਮਨੁੱਖ ਗੁਰੂ ਦੇ ਸ਼ਬਦ ਦੀ ਰਾਹੀਂ ਸਦਾ ਤੇਰੀ ਸਿਫ਼ਤਿ-ਸਾਲਾਹ ਕਰਦੇ ਰਹਿੰਦੇ ਹਨ । ਹੇ ਪ੍ਰਭੂ! ਸਭ ਜੀਵਾਂ ਦੇ ਸਿਰ ਉੱਤੇ ਤੂੰ ਆਪ ਹੀ ਮਾਲਕ ਹੈਂ । (ਤੇਰੀ ਮਿਹਰ ਨਾਲ ਹੀ ਜੀਵ ਗੁਰੂ ਦੇ) ਸ਼ਬਦ ਵਿਚ (ਜੁੜ ਕੇ ਤੇਰਾ) ਨਾਮ (ਜਪ ਸਕਦੇ ਹਨ ਅਤੇ ਤੇਰੀ) ਸਿਫ਼ਤਿ-ਸਾਲਾਹ ਕਰ ਸਕਦੇ ਹਨ ।੧੩।

ਹੇ ਪ੍ਰਭੂ! ਗੁਰੂ ਦੇ ਸ਼ਬਦ ਤੋਂ ਬਿਨਾ ਕੋਈ ਮਨੁੱਖ ਤੇਰੇ ਨਾਲ ਸਾਂਝ ਨਹੀਂ ਪਾ ਸਕਦਾ, (ਗੁਰੂ ਦੇ ਸ਼ਬਦ ਦੀ ਰਾਹੀਂ) ਤੂੰ ਆਪ ਹੀ ਆਪਣੇ ਅਕੱਥ ਸਰੂਪ ਦਾ

ਬਿਆਨ ਕਰਦਾ ਹੈਂ । ਤੂੰ ਆਪ ਹੀ ਗੁਰੂ-ਰੂਪ ਹੋ ਕੇ ਸਦਾ ਸ਼ਬਦ ਦੀ ਦਾਤਿ ਦੇਂਦਾ ਆਇਆ ਹੈਂ, ਗੁਰੂ-ਰੂਪ ਹੋ ਕੇ ਤੂੰ ਆਪ ਹੀ ਹਰਿ-ਨਾਮ ਜਪ ਕੇ (ਜੀਵਾਂ ਨੂੰ ਭੀ ਇਹ ਦਾਤਿ) ਦੇਂਦਾ ਆ ਰਿਹਾ ਹੈਂ ।੧੪।

ਹੇ ਪ੍ਰਭੂ! ਤੂੰ ਆਪ ਹੀ (ਸਾਰੀ ਸ੍ਰਿਸ਼ਟੀ ਨੂੰ) ਪੈਦਾ ਕਰ ਸਕਣ ਵਾਲਾ ਕਰਤਾਰ ਹੈਂ । ਕੋਈ ਜੀਵ ਤੇਰੇ ਲਿਖੇ ਲੇਖ ਨੂੰ ਮਿਟਾਣ-ਜੋਗਾ ਨਹੀਂ ਹੈ । ਗੁਰੂ ਦੀ ਸਰਨ ਪਾ ਕੇ ਤੂੰ ਆਪ ਹੀ ਆਪਣਾ ਨਾਮ ਦੇਂਦਾ ਹੈਂ, (ਤੇ, ਜਿਸ ਨੂੰ ਤੂੰ ਨਾਮ ਦੀ ਦਾਤਿ ਦੇਂਦਾ ਹੈਂ) ਉਸ ਨੂੰ ਕੋਈ ਸਹਮ ਕੋਈ ਚਿੰਤਾ-ਫ਼ਿਕਰ ਪੋਹ ਨਹੀਂ ਸਕਦਾ ।੧੫।

ਹੇ ਪ੍ਰਭੂ! ਤੇਰੇ ਦਰਬਾਰ ਵਿਚ ਤੇਰੇ ਭਗਤ ਸੁਰਖ਼ਰੂ ਰਹਿੰਦੇ ਹਨ, ਕਿਉਂਕਿ ਉਹ ਤੇਰੇ ਪ੍ਰੇਮ-ਪਿਆਰ ਵਿਚ ਗੁਰੂ ਦੇ ਸ਼ਬਦ ਦੀ ਰਾਹੀਂ ਤੇਰੀ ਸੇਵਾ-ਭਗਤੀ ਕਰਦੇ ਹਨ । ਹੇ ਨਾਨਕ! ਪਰਮਾਤਮਾ ਦੇ ਨਾਮ-ਰੰਗ ਵਿਚ ਰੰਗੇ ਹੋਏ ਮਨੁੱਖ (ਅਸਲ) ਤਿਆਗੀ ਹਨ, ਨਾਮ ਦੀ ਬਰਕਤਿ ਨਾਲ ਉਹਨਾਂ ਦਾ ਹਰੇਕ ਕੰਮ ਸਫਲ ਹੋ ਜਾਂਦਾ ਹੈ ।੧੬।੩।੧੨।

ਮਾਰੂ ਮਹਲਾ ੩ ॥ ਮੇਰੈ ਪ੍ਰਭਿ ਸਾਚੈ ਇਕੁ ਖੇਲੁ ਰਚਾਇਆ ॥ ਕੋਇ ਨ ਕਿਸ ਹੀ ਜੇਹਾ ਉਪਾਇਆ ॥ ਆਪੇ ਫਰਕੁ ਕਰੇ ਵੇਖਿ ਵਿਗਸੈ ਸਭਿ ਰਸ ਦੇਹੀ ਮਾਹਾ ਹੇ ॥੧॥ ਵਾਜੈ ਪਉਣੁ ਤੈ ਆਪਿ ਵਜਾਏ ॥ ਸਿਵ ਸਕਤੀ ਦੇਹੀ ਮਹਿ ਪਾਏ ॥ ਗੁਰ ਪਰਸਾਦੀ ਉਲਟੀ ਹੋਵੈ ਗਿਆਨ ਰਤਨੁ ਸਬਦੁ ਤਾਹਾ ਹੇ ॥੨॥ ਅੰਧੇਰਾ ਚਾਨਣੁ ਆਪੇ ਕੀਆ ॥ ਏਕੋ ਵਰਤੈ ਅਵਰੁ ਨ ਬੀਆ ॥ ਗੁਰ ਪਰਸਾਦੀ ਆਪੁ ਪਛਾਣੈ ਕਮਲੁ ਬਿਗਸੈ ਬੁਧਿ ਤਾਹਾ ਹੇ ॥੩॥ ਅਪਣੀ ਗਹਣ ਗਤਿ ਆਪੇ ਜਾਣੈ ॥ ਹੋਰੁ ਲੋਕੁ ਸੁਣਿ ਸੁਣਿ ਆਖਿ ਵਖਾਣੈ ॥ ਗਿਆਨੀ ਹੋਵੈ ਸੁ ਗੁਰਮੁਖਿ ਬੂਝੈ ਸਾਚੀ ਸਿਫਤਿ ਸਲਾਹਾ ਹੇ ॥੪॥ {ਪੰਨਾ ੧੦੫੬}

ਪਦ ਅਰਥ :—ਪ੍ਰਭਿ—ਪ੍ਰਭੂ ਨੇ । ਸਾਚੈ—ਸਦਾ-ਥਿਰ ਰਹਿਣ ਵਾਲੇ ਨੇ । ਖੇਲੁ—ਤਮਾਸ਼ਾ । ਕਿਸ ਹੀ—{ਕ੍ਰਿਆ ਵਿਸ਼ੇਸ਼ਣ 'ਹੀ' ਦੇ ਕਾਰਨ ਲਫ਼ਜ਼ 'ਕਿਸੁ' ਦਾ ੁ ਉੱਡ ਗਿਆ ਹੈ} । ਉਪਾਇਆ—ਪੈਦਾ ਕੀਤਾ । ਆਪੇ—ਆਪ ਹੀ । ਵੇਖਿ—ਵੇਖ ਕੇ । ਵਿਗਸੈ—ਖ਼ੁਸ਼ ਹੁੰਦਾ ਹੈ । ਸਭਿ ਰਸ—ਸਾਰੇ ਚਸਕੇ {ਬਹੁ-ਵਚਨ} । ਦੇਹੀ ਮਾਹਾ—ਸਰੀਰ ਦੇ ਵਿਚ ਹੀ ।੧।

ਵਾਜੇ—ਵੱਜਦਾ ਹੈ (ਵਾਜਾ) । ਪਉਣੁ—ਹਵਾ, ਸੁਆਸ । ਤੈ—ਤੂੰ (ਹੇ ਪ੍ਰਭੂ!) । ਸਿਵ—ਸ਼ਿਵ, ਜੀਵਾਤਮਾ । ਸਕਤੀ—ਸ਼ਕਤੀ, ਮਾਇਆ । ਪਰਸਾਦੀ—ਪਰਸਾਦਿ, ਕਿਰਪਾ ਨਾਲ । ਉਲਟੀ ਹੋਵੈ—(ਮਾਇਆ ਵਲੋਂ) ਪਰਤੇ । ਗਿਆਨ ਸਬਦੁ—ਆਤਮਕ ਜੀਵਨ ਦੀ ਸੂਝ ਦੇਣ ਵਾਲਾ ਸ਼ਬਦ । ਰਤਨੁ ਸਬਦੁ—ਕੀਮਤੀ ਸ਼ਬਦ । ਤਾਹਾ—ਉਸ (ਮਨੁੱਖ) ਨੂੰ (ਪ੍ਰਾਪਤ ਹੁੰਦਾ ਹੈ) ।੨।

ਅੰਧੇਰਾ—ਮਾਇਆ ਦਾ ਮੋਹ । ਚਾਨਣੁ—ਆਤਮਕ ਜੀਵਨ ਦੀ ਸੂਝ । ਏਕੋ—ਸਿਰਫ਼ ਆਪ ਹੀ । ਵਰਤੈ—ਵਿਆਪਕ ਹੈ । ਬੀਆ—ਦੂਜਾ । ਆਪੁ—ਆਪਣੇ ਆਪ ਨੂੰ, ਆਪਣੇ ਆਤਮਕ ਜੀਵਨ ਨੂੰ । ਪਛਾਣੈ—ਪੜਤਾਲਦਾ ਹੈ । ਕਮਲੁ—ਹਿਰਦਾ-ਕੌਲ ਫੁੱਲ । ਬਿਗਸੈ—ਖਿੜਦਾ ਹੈ । ਬੁਧਿ—(ਆਤਮਕ ਜੀਵਨ ਦੀ ਸੂਝ ਵਾਲੀ) ਅਕਲ । ਤਾਹਾ—ਉਸ ਨੂੰ ।੩।

ਗਹਣੁ—ਡੂੰਘੀ । ਗਤਿ—ਆਤਮਕ ਅਵਸਥਾ । ਸੁਣਿ—ਸੁਣ ਕੇ । ਆਖਿ—ਆਖ ਕੇ । ਵਖਾਣੈ—ਬਿਆਨ ਕਰ ਦੇਂਦਾ ਹੈ । ਗਿਆਨੀ—ਆਤਮਕ ਜੀਵਨ ਦੀ ਸੂਝ ਵਾਲਾ । ਗੁਰਮੁਖਿ—ਗੁਰੂ ਦੀ ਸਰਨ ਪੈ ਕੇ । ਸਾਚੀ—ਸਦਾ-ਥਿਰ ਰਹਿਣ ਵਾਲੀ ।੪।

ਅਰਥ :—ਹੇ ਭਾਈ! ਸਦਾ-ਥਿਰ ਰਹਿਣ ਵਾਲੇ ਮੇਰੇ ਪ੍ਰਭੂ ਨੇ (ਇਹ ਜਗਤ) ਇਕ ਤਮਾਸ਼ਾ ਰਚਿਆ ਹੋਇਆ ਹੈ, (ਇਸ ਵਿਚ ਉਸ ਨੇ) ਕੋਈ ਜੀਵ ਕਿਸੇ ਦੂਜੇ ਵਰਗਾ ਨਹੀਂ ਬਣਾਇਆ । ਆਪ ਹੀ (ਜੀਵਾਂ ਵਿਚ) ਫ਼ਰਕ ਪੈਦਾ ਕਰਦਾ ਹੈ, ਤੇ (ਇਹ ਫ਼ਰਕ) ਵੇਖ ਕੇ ਖ਼ੁਸ਼ ਹੁੰਦਾ ਹੈ । (ਫਿਰ ਉਸ ਨੇ) ਸਰੀਰ ਦੇ ਵਿਚ ਸਾਰੇ ਹੀ ਚਸਕੇ ਪੈਦਾ ਕਰ ਦਿੱਤੇ ਹਨ ।੧।

ਹੇ ਪ੍ਰਭੂ! (ਤੇਰੀ ਆਪਣੀ ਕਲਾ ਨਾਲ ਹਰੇਕ ਸਰੀਰ ਵਿਚ) ਸੁਆਸਾਂ ਦਾ ਵਾਜਾ ਵੱਜ ਰਿਹਾ ਹੈ (ਸੁਆਸ ਚੱਲ ਰਿਹਾ ਹੈ), ਤੂੰ ਆਪ ਹੀ ਇਹ ਸੁਆਸਾਂ ਦੇ ਵਾਜੇ ਵਜਾ ਰਿਹਾ ਹੈਂ । ਹੇ ਭਾਈ! ਪਰਮਾਤਮਾ ਨੇ ਸਰੀਰ ਵਿਚ ਜੀਵਾਤਮਾ ਤੇ ਮਾਇਆ (ਦੋਵੇਂ ਹੀ) ਪਾ ਦਿੱਤੇ ਹਨ । ਗੁਰੂ ਦੀ ਕਿਰਪਾ ਨਾਲ ਜਿਸ ਮਨੁੱਖ ਦੀ ਸੁਰਤਿ ਮਾਇਆ ਵਲੋਂ ਪਰਤਦੀ ਹੈ, ਉਸ ਨੂੰ ਆਤਮਕ ਜੀਵਨ ਵਾਲਾ ਸ੍ਰੇਸ਼ਟ ਗੁਰ ਸ਼ਬਦ ਪ੍ਰਾਪਤ ਹੋ ਜਾਂਦਾ ਹੈ ।੨।

ਹੇ ਭਾਈ! (ਮਾਇਆ ਦੇ ਮੋਹ ਦਾ) ਹਨੇਰਾ ਅਤੇ (ਆਤਮਕ ਜੀਵਨ ਦੀ ਸੂਝ ਦਾ) ਚਾਨਣ ਪ੍ਰਭੂ ਨੇ ਆਪ ਹੀ ਬਣਾਇਆ ਹੈ । (ਸਾਰੇ ਜਗਤ ਵਿਚ ਪਰਮਾਤਮਾ) ਆਪ ਹੀ ਵਿਆਪਕ ਹੈ, (ਉਸ ਤੋਂ ਬਿਨਾ) ਕੋਈ ਹੋਰ ਨਹੀਂ ਹੈ । ਜਿਹੜਾ ਮਨੁੱਖ ਗੁਰੂ ਦੀ ਕਿਰਪਾ ਨਾਲ ਆਪਣੇ ਆਤਮਕ ਜੀਵਨ ਨੂੰ ਪੜਤਾਲਦਾ ਰਹਿੰਦਾ ਹੈ, ਉਸ ਦਾ ਹਿਰਦਾ-ਕੌਲ-ਫੁੱਲ ਖਿੜਿਆ ਰਹਿੰਦਾ ਹੈ, ਉਸ ਨੂੰ (ਆਤਮਕ ਜੀਵਨ ਦੀ ਪਰਖ ਕਰਨ ਵਾਲੀ) ਅਕਲ ਪ੍ਰਾਪਤ ਹੋਈ ਰਹਿੰਦੀ ਹੈ ।੩।

ਹੇ ਭਾਈ! ਆਪਣੀ ਡੂੰਘੀ ਆਤਮਕ ਅਵਸਥਾ ਪਰਮਾਤਮਾ ਆਪ ਹੀ ਜਾਣਦਾ ਹੈ । ਜਗਤ ਤਾਂ (ਦੂਜਿਆਂ ਪਾਸੋਂ) ਸੁਣ ਸੁਣ ਕੇ (ਫਿਰ) ਆਖ ਕੇ (ਹੋਰਨਾਂ ਨੂੰ) ਸੁਣਾਂਦਾ ਹੈ । ਜਿਹੜਾ ਮਨੁੱਖ ਆਤਮਕ ਜੀਵਨ ਦੀ ਸੂਝ ਵਾਲਾ ਹੋ ਜਾਂਦਾ ਹੈ, ਉਹ ਗੁਰੂ ਦੇ ਸਨਮੁਖ ਰਹਿ ਕੇ (ਇਸ ਭੇਤ ਨੂੰ) ਸਮਝਦਾ ਹੈ, ਤੇ, ਉਹ ਪ੍ਰਭੂ ਦੀ ਸਦਾ ਕਾਇਮ ਰਹਿਣ ਵਾਲੀ ਸਿਫ਼ਤਿ-ਸਾਲਾਹ ਕਰਦਾ ਰਹਿੰਦਾ ਹੈ ।੪।

ਦੇਹੀ ਅੰਦਰਿ ਵਸਤੁ ਅਪਾਰਾ ॥ ਆਪੇ ਕਪਟ ਖੁਲਾਵਣਹਾਰਾ ॥ ਗੁਰਮੁਖਿ ਸਹਜੇ ਅੰਮ੍ਰਿਤੁ ਪੀਵੈ ਤ੍ਰਿਸਨਾ ਅਗਨਿ ਬੁਝਾਹਾ ਹੇ ॥੫॥ ਸਭਿ ਰਸ ਦੇਹੀ ਅੰਦਰਿ ਪਾਏ ॥ ਵਿਰਲੇ ਕਉ ਗੁਰੁ ਸਬਦੁ ਬੁਝਾਏ ॥ ਅੰਦਰੁ ਖੋਜੇ ਸਬਦੁ ਸਾਲਾਹੇ ਬਾਹਰਿ ਕਾਹੇ ਜਾਹਾ ਹੇ ॥੬॥ ਵਿਣੁ ਚਾਖੇ ਸਾਦੁ ਕਿਸੈ ਨ ਆਇਆ ॥ ਗੁਰ ਕੈ ਸਬਦਿ ਅੰਮ੍ਰਿਤੁ ਪੀਆਇਆ ॥ ਅੰਮ੍ਰਿਤੁ ਪੀ ਅਮਰਾਪਦੁ ਹੋਏ ਗੁਰ ਕੈ ਸਬਦਿ ਰਸੁ ਤਾਹਾ ਹੇ ॥੭॥ ਆਪੁ ਪਛਾਣੈ ਸੋ ਸਭਿ ਗੁਣ ਜਾਣੈ ॥ ਗੁਰ ਕੈ ਸਬਦਿ ਹਰਿ ਨਾਮੁ ਵਖਾਣੈ ॥ ਅਨਦਿਨੁ ਨਾਮਿ ਰਤਾ ਦਿਨੁ ਰਾਤੀ ਮਾਇਆ ਮੋਹੁ ਚੁਕਾਹਾ ਹੇ ॥੮॥ {ਪੰਨਾ ੧੦੫੬}

ਪਦ ਅਰਥ :—ਦੇਹੀ—ਸਰੀਰ । ਵਸਤੁ ਅਪਾਰਾ—ਬੇਅੰਤ ਪਰਮਾਤਮਾ ਦਾ ਨਾਮ-ਪਦਾਰਥ । ਆਪੇ—ਆਪ ਹੀ । ਕਪਟ—ਕਿਵਾੜ, ਭਿੱਤ ।

ਖੁਲਾਵਣਹਾਰਾ—ਖੁਲ੍ਹਾ ਸਕਣ ਜੋਗਾ । ਗੁਰਮੁਖਿ—ਗੁਰੂ ਦੀ ਸਰਨ ਪੈ ਕੇ । ਸਹਜੇ—ਆਤਮਕ ਅਡੋਲਤਾ ਵਿਚ । ਅੰਮ੍ਰਿਤੁ—ਆਤਮਕ ਜੀਵਨ ਦੇਣ ਵਾਲਾ ਨਾਮ-ਜਲ ।੫।

ਸਭਿ ਰਸ—ਸਾਰੇ ਚਸਕੇ । ਬੁਝਾਏ—ਸਮਝਾਂਦਾ ਹੈ, ਸੂਝ ਦੇਂਦਾ ਹੈ । ਅੰਦਰੁ—ਅੰਦਰਲਾ, ਹਿਰਦਾ {ਲਫ਼ਜ਼ 'ਅੰਦਰਿ' ਅਤੇ 'ਅੰਦਰੁ' ਦਾ ਫ਼ਰਕ ਚੇਤੇ ਰੱਖਣ-ਜੋਗ ਹੈ} । ਕਾਹੇ ਜਾਹਾ—ਕਿਉਂ ਜਾਇਗਾ? ਨਹੀਂ ਜਾਇਗਾ ।੬।

ਸਾਦੁ—ਸੁਆਦ, ਆਨੰਦ । ਕੈ ਸਬਦਿ—ਦੇ ਸ਼ਬਦ ਵਿਚ (ਜੋੜ ਕੇ) । ਪੀਆਇਆ—ਪਿਲਾਂਦਾ ਹੈ । ਪੀ—ਪੀ ਕੇ । ਅਮਰਾਪਦੁ—ਅਮਰ ਪਦੁ, ਉਹ ਦਰਜਾ ਜਿੱਥੇ ਆਤਮਕ ਮੌਤ ਆਪਣਾ ਪ੍ਰਭਾਵ ਨਹੀਂ ਪਾ ਸਕਦੀ । ਰਸੁ—ਆਨੰਦ । ਤਾਹਾ—ਉਸ ਨੂੰ ।੭।

ਆਪੁ—ਆਪਣੇ ਆਪ ਨੂੰ, ਆਪਣੇ ਆਤਮਕ ਜੀਵਨ ਨੂੰ । ਸਭਿ—ਸਾਰੇ । ਜਾਣੈ—ਸਾਂਝ ਪਾਂਦਾ ਹੈ । ਸਬਦਿ—ਸ਼ਬਦ ਦੀ ਰਾਹੀਂ । ਵਖਾਣੈ—ਉਚਾਰਦਾ ਹੈ {ਇਕ-ਵਚਨ} । ਅਨਦਿਨੁ—ਹਰ ਰੋਜ਼, ਹਰ ਵੇਲੇ । ਨਾਮਿ—ਨਾਮ ਵਿਚ । ਰਤਾ—ਰੱਤਾ, ਮਸਤ । ਚੁਕਾਹਾ—ਦੂਰ ਕਰ ਲੈਂਦਾ ਹੈ ।੮।

ਅਰਥ :—ਹੇ ਭਾਈ! ਮਨੁੱਖ ਦੇ ਸਰੀਰ ਵਿਚ (ਹੀ) ਬੇਅੰਤ ਪਰਮਾਤਮਾ ਦਾ ਨਾਮ-ਪਦਾਰਥ (ਮੌਜੂਦ) ਹੈ (ਪਰ ਮਨੁੱਖ ਦੀ ਮਤਿ ਦੇ ਦੁਆਲੇ ਮਾਇਆ ਦੇ ਮੋਹ ਦੇ ਭਿੱਤ ਵੱਜੇ ਰਹਿੰਦੇ ਹਨ), ਪਰਮਾਤਮਾ ਆਪ ਹੀ ਇਹਨਾਂ ਕਿਵਾੜਾਂ ਨੂੰ ਖੋਲ੍ਹਣ ਦੇ ਸਮਰੱਥ ਹੈ । ਜਿਹੜਾ ਮਨੁੱਖ ਗੁਰੂ ਦੀ ਰਾਹੀਂ ਆਤਮਕ ਅਡੋਲਤਾ ਵਿਚ ਟਿਕ ਕੇ ਆਤਮਕ ਜੀਵਨ ਦੇਣ ਵਾਲਾ ਨਾਮ-ਜਲ ਪੀਂਦਾ ਹੈ (ਉਹ ਮਨੁੱਖ ਆਪਣੇ ਅੰਦਰੋਂ ਮਾਇਆ ਦੀ) ਤ੍ਰਿਸ਼ਨਾ ਦੀ ਅੱਗ ਬੁਝਾ ਲੈਂਦਾ ਹੈ ।੫।

ਹੇ ਭਾਈ! ਪਰਮਾਤਮਾ ਨੇ ਮਨੁੱਖ ਦੇ ਸਰੀਰ ਵਿਚ ਹੀ ਸਾਰੇ ਚਸਕੇ ਭੀ ਪਾ ਦਿੱਤੇ ਹੋਏ ਹਨ (ਨਾਮ-ਵਸਤੂ ਨੂੰ ਇਹ ਕਿਵੇਂ ਲੱਭੇ?) । ਕਿਸੇ ਵਿਰਲੇ ਨੂੰ ਗੁਰੂ (ਆਪਣੇ) ਸ਼ਬਦ ਦੀ ਸੂਝ ਬਖ਼ਸ਼ਦਾ ਹੈ । ਉਹ ਮਨੁੱਖ ਆਪਣਾ ਅੰਦਰ ਖੋਜਦਾ ਹੈ, ਸ਼ਬਦ (ਨੂੰ ਹਿਰਦੇ ਵਿਚ ਵਸਾ ਕੇ ਪਰਮਾਤਮਾ ਦੀ) ਸਿਫ਼ਤਿ-ਸਾਲਾਹ ਕਰਦਾ ਹੈ, ਫਿਰ ਉਹ ਬਾਹਰ ਭਟਕਦਾ ਨਹੀਂ ।੬।

ਹੇ ਭਾਈ! (ਨਾਮ-ਅੰਮ੍ਰਿਤ ਮਨੁੱਖ ਦੇ ਅੰਦਰ ਹੀ ਹੈ, ਪਰ) ਚੱਖਣ ਤੋਂ ਬਿਨਾ ਕਿਸੇ ਨੂੰ (ਉਸ ਦਾ) ਸੁਆਦ ਨਹੀਂ ਆਉਂਦਾ । ਜਿਸ ਮਨੁੱਖ ਨੂੰ ਗੁਰੂ ਦੇ ਸ਼ਬਦ ਵਿਚ ਜੋੜ ਕੇ ਪਰਮਾਤਮਾ ਇਹ ਅੰਮ੍ਰਿਤ ਪਿਲਾਂਦਾ ਹੈ, ਉਹ ਮਨੁੱਖ ਆਤਮਕ ਜੀਵਨ ਦੇਣ ਵਾਲਾ ਉਹ ਨਾਮ-ਜਲ ਪੀ ਕੇ ਉਸ ਅਵਸਥਾ ਤੇ ਪਹੁੰਚ ਜਾਂਦਾ ਹੈ ਜਿਥੇ ਆਤਮਕ ਮੌਤ ਆਪਣਾ ਅਸਰ ਨਹੀਂ ਪਾ ਸਕਦੀ, ਗੁਰੂ ਦੇ ਸ਼ਬਦ ਦੀ ਬਰਕਤਿ ਨਾਲ ਉਸ ਨੂੰ (ਨਾਮ-ਅੰਮ੍ਰਿਤ ਦਾ) ਸੁਆਦ ਆ ਜਾਂਦਾ ਹੈ ।੭।

ਹੇ ਭਾਈ! ਜਿਹੜਾ ਮਨੁੱਖ ਆਪਣੇ ਆਤਮਕ ਜੀਵਨ ਨੂੰ ਪੜਤਾਲਦਾ ਰਹਿੰਦਾ ਹੈ, ਉਹ ਸਾਰੇ (ਰੱਬੀ) ਗੁਣਾਂ ਨਾਲ ਸਾਂਝ ਪਾਂਦਾ ਹੈ । ਗੁਰੂ ਦੇ ਸ਼ਬਦ ਵਿਚ ਜੁੜ ਕੇ ਉਹ ਮਨੁੱਖ ਪਰਮਾਤਮਾ ਦਾ ਨਾਮ ਉਚਾਰਦਾ ਹੈ । ਉਹ ਦਿਨ ਰਾਤ ਹਰ ਵੇਲੇ ਪਰਮਾਤਮਾ ਦੇ ਨਾਮ ਵਿਚ ਮਸਤ ਰਹਿੰਦਾ ਹੈ, (ਤੇ, ਇਸ ਤਰ੍ਹਾਂ ਆਪਣੇ ਅੰਦਰੋਂ) ਮਾਇਆ ਦਾ ਮੋਹ ਦੂਰ ਕਰ ਲੈਂਦਾ ਹੈ ।੮।

ਗੁਰ ਸੇਵਾ ਤੇ ਸਭੁ ਕਿਛੁ ਪਾਏ ॥ ਹਉਮੈ ਮੇਰਾ ਆਪੁ ਗਵਾਏ ॥ ਆਪੇ ਕ੍ਰਿਪਾ ਕਰੇ ਸੁਖਦਾਤਾ ਗੁਰ ਕੈ ਸਬਦੇ ਸੋਹਾ ਹੇ ॥੯॥ ਗੁਰ ਕਾ ਸਬਦੁ ਅੰਮ੍ਰਿਤ ਹੈ ਬਾਣੀ ॥ ਅਨਦਿਨੁ ਹਰਿ ਕਾ ਨਾਮੁ ਵਖਾਣੀ ॥ ਹਰਿ ਹਰਿ ਸਚਾ ਵਸੈ ਘਟ ਅੰਤਰਿ ਸੋ ਘਟੁ ਨਿਰਮਲੁ ਤਾਹਾ ਹੇ ॥੧੦॥ ਸੇਵਕ ਸੇਵਹਿ ਸਬਦਿ ਸਲਾਹਹਿ ॥ ਸਦਾ ਰੰਗਿ ਰਾਤੇ ਹਰਿ ਗੁਣ ਗਾਵਹਿ ॥ ਆਪੇ ਬਖਸੇ ਸਬਦਿ ਮਿਲਾਏ ਪਰਮਲ ਵਾਸੁ ਮਨਿ ਤਾਹਾ ਹੇ ॥੧੧॥ ਸਬਦੇ ਅਕਥੁ ਕਥੇ ਸਾਲਾਹੇ ॥ ਮੇਰੇ ਪ੍ਰਭ ਸਾਚੇ ਵੇਪਰਵਾਹੇ ॥ ਆਪੇ ਗੁਣਦਾਤਾ ਸਬਦਿ ਮਿਲਾਏ ਸਬਦੈ ਕਾ ਰਸੁ ਤਾਹਾ ਹੇ ॥੧੨॥ {ਪੰਨਾ ੧੦੫੭}

ਪਦ ਅਰਥ :—ਤੇ—ਤੋਂ, ਦੀ ਰਾਹੀਂ । ਸਭੁ ਕਿਛੁ—ਹਰੇਕ ਚੀਜ਼ । ਮੇਰਾ—ਮਮਤਾ, ਕਬਜ਼ੇ ਦੀ ਲਾਲਸਾ । ਆਪੁ—ਆਪਾ-ਭਾਵ । ਆਪੇ—ਆਪ ਹੀ । ਗੁਰ ਕੈ ਸਬਦੇ—ਗੁਰੂ ਦੇ ਸ਼ਬਦ ਦੀ ਰਾਹੀਂ । ਸੋਹਾ—ਸੋਹਣੇ ਜੀਵਨ ਵਾਲਾ ਬਣ ਜਾਂਦਾ ਹੈ ।੯।

ਅੰਮ੍ਰਿਤ—ਆਤਮਕ ਜੀਵਨ ਦੇਣ ਵਾਲੀ । ਅਨਦਿਨੁ—ਹਰ ਰੋਜ਼, ਹਰ ਵੇਲੇ । ਵਖਾਣੀ—ਵਖਾਣਿ, ਉਚਾਰਨ ਕਰ । ਸਚਾ—ਸੱਚਾ, ਸਦਾ-ਥਿਰ ਰਹਿਣ ਵਾਲਾ । ਘਟ ਅੰਤਰਿ—ਹਿਰਦੇ ਵਿਚ । ਤਾਹਾ—ਉਸ (ਮਨੁੱਖ) ਦਾ ।੧੦।

ਸੇਵਹਿ—ਸੇਵਾ-ਭਗਤੀ ਕਰਦੇ ਹਨ । ਸਬਦਿ—ਸ਼ਬਦ ਦੀ ਰਾਹੀਂ । ਸਲਾਹਹਿ—ਸਿਫ਼ਤਿ-ਸਾਲਾਹ ਕਰਦੇ ਹਨ । ਰੰਗਿ—ਪ੍ਰੇਮ-ਰੰਗ ਵਿਚ । ਰਾਤੇ—ਮਸਤ । ਗਾਵਹਿ—ਗਾਂਦੇ ਹਨ (ਬਹੁ-ਵਚਨ) । ਸਬਦਿ—ਸ਼ਬਦ ਵਿਚ । ਪਰਮਲ ਵਾਸੁ—ਚੰਦਨ ਦੀ ਸੁਗੰਧੀ । ਮਨਿ ਤਾਹਾ—ਉਸ ਦੇ ਮਨ ਵਿਚ ।੧੧।

ਅਕਥੁ—ਜਿਸ ਦਾ ਸਹੀ ਸਰੂਪ ਬਿਆਨ ਨਹੀਂ ਕੀਤਾ ਜਾ ਸਕਦਾ । ਕਥੇ—ਗੁਣ ਬਿਆਨ ਕਰਦਾ ਹੈ ।੧੨।

ਅਰਥ :—ਹੇ ਭਾਈ! ਗੁਰੂ ਦੀ ਸਰਨ ਪੈਣ ਨਾਲ ਮਨੁੱਖ ਹਰੇਕ ਚੀਜ਼ ਹਾਸਲ ਕਰ ਲੈਂਦਾ ਹੈ, ਉਹ ਮਨੁੱਖ ਹਉਮੈ ਮਮਤਾ ਆਪਾ-ਭਾਵ ਦੂਰ ਕਰ ਲੈਂਦਾ ਹੈ । ਹੇ ਭਾਈ! ਜਿਸ ਮਨੁੱਖ ਉੱਤੇ ਸੁਖਾਂ ਦਾ ਦਾਤਾ ਪ੍ਰਭੂ ਕਿਰਪਾ ਕਰਦਾ ਹੈ, ਉਹ ਮਨੁੱਖ ਗੁਰੂ ਦੇ ਸ਼ਬਦ ਦੀ ਬਰਕਤਿ ਨਾਲ ਆਪਣਾ ਆਤਮਕ ਜੀਵਨ ਸੋਹਣਾ ਬਣਾ ਲੈਂਦਾ ਹੈ ।੯।

ਹੇ ਭਾਈ! ਗੁਰੂ ਦਾ ਸ਼ਬਦ ਆਤਮਕ ਜੀਵਨ ਦੇਣ ਵਾਲੀ ਬਾਣੀ ਹੈ, (ਇਸ ਵਿਚ ਜੁੜ ਕੇ) ਹਰ ਵੇਲੇ ਪਰਮਾਤਮਾ ਦਾ ਨਾਮ ਸਿਮਰਿਆ ਕਰ । ਹੇ ਭਾਈ! ਜਿਸ ਮਨੁੱਖ ਦੇ ਹਿਰਦੇ ਵਿਚ ਸਦਾ ਕਾਇਮ ਰਹਿਣ ਵਾਲਾ ਪਰਮਾਤਮਾ ਆ ਵੱਸਦਾ ਹੈ, ਉਸ ਮਨੁੱਖ ਦਾ ਉਹ ਹਿਰਦਾ ਪਵਿੱਤਰ ਹੋ ਜਾਂਦਾ ਹੈ ।੧੦।

ਹੇ ਭਾਈ! (ਪ੍ਰਭੂ ਦੇ) ਸੇਵਕ (ਗੁਰੂ ਦੇ) ਸ਼ਬਦ ਦੀ ਰਾਹੀਂ (ਪ੍ਰਭੂ ਦੀ) ਸੇਵਾ-ਭਗਤੀ ਕਰਦੇ ਹਨ, ਸਿਫ਼ਤਿ-ਸਾਲਾਹ ਕਰਦੇ ਹਨ, ਪ੍ਰਭੂ ਦੇ ਪ੍ਰੇਮ-ਰੰਗ ਵਿਚ ਮਸਤ ਹੋ ਕੇ ਸਦਾ ਪ੍ਰਭੂ ਦੇ ਗੁਣ ਗਾਂਦੇ ਰਹਿੰਦੇ ਹਨ । ਹੇ ਭਾਈ! ਜਿਸ ਮਨੁੱਖ ਨੂੰ ਪ੍ਰਭੂ ਆਪ ਹੀ ਮਿਹਰ ਕਰ ਕੇ (ਗੁਰੂ ਦੇ) ਸ਼ਬਦ ਵਿਚ ਜੋੜਦਾ ਹੈ, ਉਸ ਮਨੁੱਖ ਦੇ ਮਨ ਵਿਚ (ਮਾਨੋ) ਚੰਦਨ ਦੀ ਸੁਗੰਧੀ ਪੈਦਾ ਹੋ ਜਾਂਦੀ ਹੈ ।੧੧।

ਹੇ ਭਾਈ! ਜਿਹੜਾ ਮਨੁੱਖ ਗੁਰੂ ਦੇ ਸ਼ਬਦ ਦੀ ਰਾਹੀਂ ਅਕੱਥ ਪ੍ਰਭੂ ਦੇ ਗੁਣ ਬਿਆਨ ਕਰਦਾ ਰਹਿੰਦਾ ਹੈ, ਸਦਾ-ਥਿਰ ਵੇਪਰਵਾਹ ਪ੍ਰਭੂ ਦੀ ਸਿਫ਼ਤਿ-ਸਾਲਾਹ ਕਰਦਾ ਰਹਿੰਦਾ ਹੈ, ਗੁਣਾਂ ਦੀ ਦਾਤਿ ਕਰਨ ਵਾਲਾ ਪ੍ਰਭੂ ਆਪ ਹੀ ਉਸ ਨੂੰ ਗੁਰੂ ਦੇ ਸ਼ਬਦ ਵਿਚ ਜੋੜੀ ਰੱਖਦਾ ਹੈ, ਉਸ ਨੂੰ ਸ਼ਬਦ ਦਾ ਆਨੰਦ ਆਉਣ ਲੱਗ ਪੈਂਦਾ ਹੈ ।੧੨।

ਮਨਮੁਖੁ ਭੂਲਾ ਠਉਰ ਨ ਪਾਏ ॥ ਜੋ ਧੁਰਿ ਲਿਖਿਆ ਸੁ ਕਰਮ ਕਮਾਏ ॥ ਬਿਖਿਆ ਰਾਤੇ ਬਿਖਿਆ ਖੋਜੈ ਮਰਿ ਜਨਮੈ ਦੁਖੁ ਤਾਹਾ ਹੇ ॥੧੩॥ ਆਪੇ ਆਪਿ ਆਪਿ ਸਾਲਾਹੇ ॥ ਤੇਰੇ ਗੁਣ ਪ੍ਰਭ ਤੁਝ ਹੀ ਮਾਹੇ ॥ ਤੂ ਆਪਿ ਸਚਾ ਤੇਰੀ ਬਾਣੀ ਸਚੀ ਆਪੇ ਅਲਖੁ ਅਥਾਹਾ ਹੇ ॥੧੪॥ ਬਿਨੁ ਗੁਰ ਦਾਤੇ ਕੋਇ ਨ ਪਾਏ ॥ ਲਖ ਕੋਟੀ ਜੇ ਕਰਮ ਕਮਾਏ ॥ ਗੁਰ ਕਿਰਪਾ ਤੇ ਘਟ ਅੰਤਰਿ ਵਸਿਆ ਸਬਦੇ ਸਚੁ ਸਾਲਾਹਾ ਹੇ ॥੧੫॥ ਸੇ ਜਨ ਮਿਲੇ ਧੁਰਿ ਆਪਿ ਮਿਲਾਏ ॥ ਸਾਚੀ ਬਾਣੀ ਸਬਦਿ ਸੁਹਾਏ ॥ ਨਾਨਕ ਜਨੁ ਗੁਣ ਗਾਵੈ ਨਿਤ ਸਾਚੇ, ਗੁਣ ਗਾਵਹ ਗੁਣੀ ਸਮਾਹਾ ਹੇ ॥੧੬॥੪॥੧੩॥ {ਪੰਨਾ ੧੦੫੭}

ਪਦ ਅਰਥ :—ਮਨਮੁਖੁ—ਆਪਣੇ ਮਨ ਦੇ ਪਿੱਛੇ ਤੁਰਨ ਵਾਲਾ ਮਨੁੱਖ । ਭੂਲਾ—(ਸਹੀ ਜੀਵਨ-ਰਾਹ ਤੋਂ) ਖੁੰਝਿਆ ਹੋਇਆ । ਧੁਰਿ—ਧੁਰ ਤੋਂ, ਪਰਮਾਤਮਾ ਦੇ ਹੁਕਮ ਵਿਚ । ਬਿਖਿਆ—ਮਾਇਆ । ਰਾਤੇ—ਮਸਤ ।੧੩।

ਆਪੇ—ਆਪ ਹੀ । ਮਾਹੇ—ਮਾਹਿ, ਵਿਚ । ਸਚਾ—ਸਦਾ ਕਾਇਮ ਰਹਿਣ ਵਾਲਾ । ਅਲਖੁ—ਜਿਸ ਦਾ ਸਹੀ ਸਰੂਪ ਬਿਆਨ ਨਾਹ ਹੋ ਸਕੇ ।੧੪।

ਬਿਨੁ ਗੁਰ—ਗੁਰੂ ਦੀ ਸਰਨ ਪੈਣ ਤੋਂ ਬਿਨਾ । ਕੋਟੀ—ਕ੍ਰੋੜਾਂ । ਤੇ—ਤੋਂ, ਦੇ ਕਾਰਨ । ਸਬਦੇ—ਸ਼ਬਦ ਦੀ ਰਾਹੀਂ । ਸਚੁ—ਸਦਾ-ਥਿਰ ਪ੍ਰਭੂ ।੧੫।

ਸੇ—ਉਹ {ਬਹੁ-ਵਚਨ} । ਸੁਹਾਏ—ਸੋਹਣੇ ਜੀਵਨ ਵਾਲੇ ਬਣ ਗਏ । ਨਾਨਕ—ਹੇ ਨਾਨਕ! ਗਾਵਹ—{ਉੱਤਮ ਪੁਰਖ, ਬਹੁ-ਵਚਨ} ਅਸੀ ਗਾਵੀਏ । ਗੁਣੀ—ਗੁਣਾਂ ਦੇ ਮਾਲਕ ਪ੍ਰਭੂ ਵਿਚ ।੧੬।

ਅਰਥ :—ਹੇ ਭਾਈ! ਮਨ ਦਾ ਮੁਰੀਦ ਮਨੁੱਖ ਜੀਵਨ ਦੇ ਸਹੀ ਰਸਤੇ ਤੋਂ ਖੁੰਝ ਜਾਂਦਾ ਹੈ (ਭਟਕਦਾ ਫਿਰਦਾ ਹੈ, ਉਸ ਨੂੰ ਕੋਈ) ਟਿਕਾਣਾ ਨਹੀਂ ਮਿਲਦਾ । (ਪਰ ਉਸ ਦੇ ਭੀ ਕੀਹ ਵੱਸ? ਉਸ ਦੇ ਪਿਛਲੇ ਕੀਤੇ ਕਰਮਾਂ ਅਨੁਸਾਰ) ਜੋ ਕੁਝ ਧੁਰੋਂ ਉਸ ਦੇ ਮੱਥੇ ਤੇ ਲਿਖਿਆ ਗਿਆ ਹੈ ਉਹ ਕਰਮ ਉਹ ਹੁਣ ਕਰ ਰਿਹਾ ਹੈ । ਮਾਇਆ (ਦੇ ਰੰਗ ਵਿਚ) ਮਸਤ ਹੋਣ ਕਰਕੇ ਉਹ (ਹੁਣ ਭੀ) ਮਾਇਆ ਦੀ ਭਾਲ ਹੀ ਕਰਦਾ ਫਿਰਦਾ ਹੈ, ਕਦੇ ਮਰਦਾ ਹੈ ਕਦੇ ਜੰਮਦਾ ਹੈ (ਕਦੇ ਹਰਖ ਕਦੇ ਸੋਗ), ਇਹ ਦੁੱਖ ਉਸ ਨੂੰ ਵਾਪਰਿਆ ਰਹਿੰਦਾ ਹੈ ।੧੩।

ਹੇ ਭਾਈ! (ਜੇ ਕੋਈ ਵਡਭਾਗੀ ਸਿਫ਼ਤਿ-ਸਾਲਾਹ ਕਰ ਰਿਹਾ ਹੈ, ਤਾਂ ਉਸ ਵਿਚ ਬੈਠਾ ਭੀ ਪ੍ਰਭੂ) ਆਪ ਹੀ ਆਪ ਸਿਫ਼ਤਿ-ਸਾਲਾਹ ਕਰ ਰਿਹਾ ਹੈ । ਹੇ ਪ੍ਰਭੂ! ਤੇਰੇ ਗੁਣ ਤੇਰੇ ਵਿਚ ਹੀ ਹਨ (ਤੇਰੇ ਵਰਗਾ ਹੋਰ ਕੋਈ ਨਹੀਂ); ਹੇ ਪ੍ਰਭੂ! ਤੂੰ ਆਪ ਅਟੱਲ ਹੈਂ, ਤੇਰੀ ਸਿਫ਼ਤਿ-ਸਾਲਾਹ ਦੀ ਬਾਣੀ ਅਟੱਲ ਹੈ, ਤੂੰ ਆਪ ਹੀ ਅਲੱਖ ਤੇ ਅਥਾਹ ਹੈਂ ।੧੪।

ਹੇ ਭਾਈ! ਜੇ (ਕੋਈ ਮਨਮੁਖ ਨਾਮ ਤੋਂ ਬਿਨਾ ਹੋਰ ਹੋਰ ਧਾਰਮਿਕ ਮਿਥੇ ਹੋਏ) ਕਰਮ ਕਰਦਾ ਫਿਰੇ, ਸਿਫ਼ਤਿ-ਸਾਲਾਹ ਦੀ ਦਾਤਿ ਦੇਣ ਵਾਲੇ ਗੁਰੂ ਤੋਂ ਬਿਨਾ ਉਹ ਨਾਮ ਦੀ ਦਾਤਿ ਹਾਸਲ ਨਹੀਂ ਕਰ ਸਕਦਾ । ਹੇ ਭਾਈ! ਗੁਰੂ ਦੀ ਕਿਰਪਾ ਨਾਲ ਜਿਸ ਮਨੁੱਖ ਦੇ ਹਿਰਦੇ ਵਿਚ ਹਰਿ-ਨਾਮ ਆ ਵੱਸਦਾ ਹੈ, ਉਹ ਮਨੁੱਖ ਗੁਰੂ ਦੇ ਸ਼ਬਦ ਦੀ ਰਾਹੀਂ ਸਦਾ-ਥਿਰ ਪ੍ਰਭੂ ਦੀ ਸਿਫ਼ਤਿ-ਸਾਲਾਹ ਕਰਦਾ ਰਹਿੰਦਾ ਹੈ ।੧੫।

ਹੇ ਭਾਈ! ਜਿਨ੍ਹਾਂ ਮਨੁੱਖਾਂ ਨੂੰ ਧੁਰੋਂ ਆਪਣੇ ਹੁਕਮ ਨਾਲ ਪ੍ਰਭੂ ਆਪਣੇ ਚਰਨਾਂ ਵਿਚ ਮਿਲਾਂਦਾ ਹੈ ਉਹੀ ਮਿਲਦੇ ਹਨ । ਸਿਫ਼ਤਿ-ਸਾਲਾਹ ਦੀ ਬਾਣੀ ਦੀ ਰਾਹੀਂ ਗੁਰੂ ਦੇ ਸ਼ਬਦ ਦੀ ਰਾਹੀਂ ਉਹਨਾਂ ਦੇ ਜੀਵਨ ਸੋਹਣੇ ਬਣ ਜਾਂਦੇ ਹਨ । ਹੇ ਨਾਨਕ! ਪ੍ਰਭੂ ਦਾ ਸੇਵਕ ਸਦਾ-ਥਿਰ ਪ੍ਰਭੂ ਦੇ ਗੁਣ ਗਾਂਦਾ ਹੈ । ਆਓ, ਅਸੀ ਭੀ ਗੁਣ ਗਾਵੀਏ । (ਜਿਹੜਾ ਮਨੁੱਖ ਗੁਣ ਗਾਂਦਾ ਹੈ, ਉਹ) ਗੁਣਾਂ ਦੇ ਮਾਲਕ ਪ੍ਰਭੂ ਵਿਚ ਲੀਨ ਹੋ ਜਾਂਦਾ ਹੈ ।੧੬।੪।੧੩।

ਮਾਰੂ ਮਹਲਾ ੩ ॥ ਨਿਹਚਲੁ ਏਕੁ ਸਦਾ ਸਚੁ ਸੋਈ ॥ ਪੂਰੇ ਗੁਰ ਤੇ ਸੋਝੀ ਹੋਈ ॥ ਹਰਿ ਰਸਿ ਭੀਨੇ ਸਦਾ ਧਿਆਇਨਿ ਗੁਰਮਤਿ ਸੀਲੁ ਸੰਨਾਹਾ ਹੇ ॥੧॥ ਅੰਦਰਿ ਰੰਗੁ ਸਦਾ ਸਚਿਆਰਾ ॥ ਗੁਰ ਕੈ ਸਬਦਿ ਹਰਿ ਨਾਮਿ ਪਿਆਰਾ ॥ ਨਉ ਨਿਧਿ ਨਾਮੁ ਵਸਿਆ ਘਟ ਅੰਤਰਿ ਛੋਡਿਆ ਮਾਇਆ ਕਾ ਲਾਹਾ ਹੇ ॥੨॥ ਰਈਅਤਿ ਰਾਜੇ ਦੁਰਮਤਿ ਦੋਈ ॥ ਬਿਨੁ ਸਤਿਗੁਰ ਸੇਵੇ ਏਕੁ ਨ ਹੋਈ ॥ ਏਕੁ ਧਿਆਇਨਿ ਸਦਾ ਸੁਖੁ ਪਾਇਨਿ ਨਿਹਚਲੁ ਰਾਜੁ ਤਿਨਾਹਾ ਹੇ ॥੩॥ ਆਵਣੁ ਜਾਣਾ ਰਖੈ ਨ ਕੋਈ ॥ ਜੰਮਣੁ ਮਰਣੁ ਤਿਸੈ ਤੇ ਹੋਈ ॥ ਗੁਰਮੁਖਿ ਸਾਚਾ ਸਦਾ ਧਿਆਵਹੁ ਗਤਿ ਮੁਕਤਿ ਤਿਸੈ ਤੇ ਪਾਹਾ ਹੇ ॥੪॥ {ਪੰਨਾ ੧੦੫੭}

ਪਦ ਅਰਥ :—ਨਿਹਚਲੁ—ਅਚੱਲ, ਅਟੱਲ । ਤੇ—ਤੋਂ । ਰਸਿ—ਰਸ ਵਿਚ । ਧਿਆਇਨਿ—ਧਿਆਉਂਦੇ ਹਨ {ਬਹੁ-ਵਚਨ} । ਸੀਲੁ—ਚੰਗਾ ਸੁਭਾਉ । ਸੰਨਾਹਾ—ਜ਼ਿਰ੍ਹਾ ਬਕਤਰ, ਸੰਜੋਅ, ਲੋਹੇ ਦੀ ਜਾਲੀ ਦੀ ਬਰਦੀ ।੧।

ਰੰਗੁ—ਪਿਆਰ । ਸਚਿਆਰਾ—{ਸਚ-ਆਲਯ} ਸੁਰਖ਼ਰੂ । ਕੈ ਸਬਦਿ—ਦੇ ਸ਼ਬਦ ਦੀ ਰਾਹੀਂ । ਨਾਮਿ—ਨਾਮ ਵਿਚ । ਨਉ ਨਿਧਿ—(ਧਰਤੀ ਦੇ ਸਾਰੇ ਹੀ) ਨੌ ਖ਼ਜ਼ਾਨੇ । ਘਟ ਅੰਤਰਿ—ਹਿਰਦੇ ਵਿਚ । ਲਾਹਾ—ਲਾਭ ।੨।

ਦੁਰਮਤਿ—ਖੋਟੀ ਮਤਿ । ਦੋਈ—ਦ੍ਵੈਤ-ਵਿਚ, ਮੇਰ-ਤੇਰ ਵਿਚ, ਦੁਬਿਧਾ ਵਿਚ । ਪਾਇਨਿ—ਪਾਂਦੇ ਹਨ । ਤਿਨਾਹਾ—ਉਹਨਾਂ ਦਾ ।੩।

ਆਵਣੁ ਜਾਣਾ—ਜੰਮਣ ਮਰਨ ਦਾ ਗੇੜ । ਰਖੈ—ਰੋਕ ਸਕਦਾ । ਤਿਸੈ ਤੇ—ਉਸ (ਪਰਮਾਤਮਾ) ਤੋਂ ਹੀ । ਗੁਰਮੁਖਿ—ਗੁਰੂ ਦੇ ਸਰਨ ਪੈ ਕੇ । ਸਚਾ—ਸਦਾ ਕਾਇਮ ਰਹਿਣ ਵਾਲਾ ਪ੍ਰਭੂ । ਗਤਿ—ਉੱਚੀ ਆਤਮਕ ਅਵਸਥਾ । ਮੁਕਤਿ—(ਦੋਈ ਆਦਿਕ ਤੋਂ) ਖ਼ਲਾਸੀ । ਪਾਹਾ—ਮਿਲਦੀ ਹੈ ।੪।

ਅਰਥ :—ਹੇ ਭਾਈ! ਸਦਾ ਕਾਇਮ ਰਹਿਣ ਵਾਲਾ ਅਟੱਲ ਸਿਰਫ਼ ਉਹ ਪਰਮਾਤਮਾ ਹੀ ਹੈ । ਪੂਰੇ ਗੁਰੂ ਪਾਸੋਂ ਜਿਨ੍ਹਾਂ ਮਨੁੱਖਾਂ ਨੂੰ ਇਹ ਸਮਝ ਆ ਜਾਂਦੀ ਹੈ, ਉਹ ਪਰਮਾਤਮਾ ਦੇ ਨਾਮ-ਰਸ ਵਿਚ ਭਿੱਜੇ ਰਹਿੰਦੇ ਹਨ, ਸਦਾ ਪਰਮਾਤਮਾ ਦਾ ਸਿਮਰਨ ਕਰਦੇ ਹਨ, ਗੁਰੂ ਦੀ ਮਤਿ ਉੱਤੇ ਤੁਰ ਕੇ ਉਹ ਮਨੁੱਖ ਚੰਗੇ ਆਚਰਨ ਦਾ ਸੰਜੋਅ (ਪਹਿਨੀ ਰੱਖਦੇ ਹਨ, ਜਿਸ ਕਰਕੇ ਕੋਈ ਵਿਕਾਰ ਉਹਨਾਂ ਉਤੇ ਹੱਲਾ ਨਹੀਂ ਕਰ ਸਕਦੇ) ।੧।

ਹੇ ਭਾਈ! ਜਿਸ ਮਨੁੱਖ ਦੇ ਹਿਰਦੇ ਵਿਚ ਪਰਮਾਤਮਾ ਦਾ ਪਿਆਰ ਹੈ, ਉਹ ਸਦਾ ਸੁਰਖ਼ਰੂ ਹੈ । ਗੁਰੂ ਦੇ ਸ਼ਬਦ ਦੀ ਬਰਕਤਿ ਨਾਲ ਉਹ ਪ੍ਰਭੂ ਦੇ ਨਾਮ ਵਿਚ ਪ੍ਰੇਮ ਬਣਾਈ ਰੱਖਦਾ ਹੈ । ਉਸ ਦੇ ਹਿਰਦੇ ਵਿਚ ਸਾਰੇ ਹੀ ਸੁਖਾਂ ਤੇ ਪਦਾਰਥਾਂ ਦਾ ਖ਼ਜ਼ਾਨਾ ਹਰਿ-ਨਾਮ ਵੱਸਦਾ ਹੈ, ਉਹ ਮਾਇਆ ਨੂੰ ਅਸਲ ਖੱਟੀ ਮੰਨਣਾ ਛੱਡ ਦੇਂਦਾ ਹੈ ।੨।

ਹੇ ਭਾਈ! ਖੋਟੀ ਮਤਿ ਦੇ ਕਾਰਨ ਹਾਕਮ ਤੇ ਪਰਜਾ ਸਭ ਦੁਬਿਧਾ ਵਿਚ ਫਸੇ ਰਹਿੰਦੇ ਹਨ । ਗੁਰੂ ਦੀ ਸਰਨ ਪੈਣ ਤੋਂ ਬਿਨਾ ਕਿਸੇ ਦੇ ਅੰਦਰ ਇਕ ਪਰਮਾਤਮਾ ਦਾ ਪਰਕਾਸ਼ ਨਹੀਂ ਹੁੰਦਾ । ਜਿਹੜੇ ਮਨੁੱਖ ਸਿਰਫ਼ ਪਰਮਾਤਮਾ ਨੂੰ ਸਿਮਰਦੇ ਹਨ, ਉਹ ਆਤਮਕ ਆਨੰਦ ਮਾਣਦੇ ਹਨ । ਉਹਨਾਂ ਨੂੰ ਅਟੱਲ (ਆਤਮਕ) ਰਾਜ ਮਿਲਿਆ ਰਹਿੰਦਾ ਹੈ ।੩।

ਹੇ ਭਾਈ! (ਪਰਮਾਤਮਾ ਤੋਂ ਬਿਨਾ ਹੋਰ) ਕੋਈ ਜਨਮ ਮਰਨ ਦੇ ਗੇੜ ਤੋਂ ਬਚਾ ਨਹੀਂ ਸਕਦਾ । ਇਹ ਜਨਮ ਮਰਨ (ਦਾ ਚੱਕਰ) ਉਸ ਪਰਮਾਤਮਾ ਦੀ ਰਜ਼ਾ ਅਨੁਸਾਰ ਹੀ ਹੁੰਦਾ ਹੈ । ਹੇ ਭਾਈ! ਗੁਰੂ ਦੀ ਸਰਨ ਪੈ ਕੇ ਸਦਾ-ਥਿਰ ਪ੍ਰਭੂ ਦਾ ਨਿੱਤ ਸਿਮਰਨ ਕਰਦੇ ਰਹੋ । ਉੱਚੀ ਆਤਮਕ ਅਵਸਥਾ ਤੇ ਵਿਕਾਰਾਂ ਤੋਂ ਖ਼ਲਾਸੀ ਉਸ ਪਰਮਾਤਮਾ ਪਾਸੋਂ ਹੀ ਮਿਲਦੀ ਹੈ ।੪।

ਸਚੁ ਸੰਜਮੁ ਸਤਿਗੁਰੂ ਦੁਆਰੈ ॥ ਹਉਮੈ ਕ੍ਰੋਧੁ ਸਬਦਿ ਨਿਵਾਰੈ ॥ ਸਤਿਗੁਰੁ ਸੇਵਿ ਸਦਾ ਸੁਖੁ ਪਾਈਐ ਸੀਲੁ ਸੰਤੋਖੁ ਸਭੁ ਤਾਹਾ ਹੇ ॥੫॥ ਹਉਮੈ ਮੋਹੁ ਉਪਜੈ ਸੰਸਾਰਾ ॥ ਸਭੁ ਜਗੁ ਬਿਨਸੈ ਨਾਮੁ ਵਿਸਾਰਾ ॥ ਬਿਨੁ ਸਤਿਗੁਰ ਸੇਵੇ ਨਾਮੁ ਨ ਪਾਈਐ ਨਾਮੁ ਸਚਾ ਜਗਿ ਲਾਹਾ ਹੇ ॥੬॥ ਸਚਾ ਅਮਰੁ ਸਬਦਿ ਸੁਹਾਇਆ ॥ ਪੰਚ ਸਬਦ ਮਿਲਿ ਵਾਜਾ ਵਾਇਆ ॥ ਸਦਾ ਕਾਰਜੁ ਸਚਿ ਨਾਮਿ ਸੁਹੇਲਾ ਬਿਨੁ ਸਬਦੈ ਕਾਰਜੁ ਕੇਹਾ ਹੇ ॥੭॥ ਖਿਨ ਮਹਿ ਹਸੈ ਖਿਨ ਮਹਿ ਰੋਵੈ ॥ ਦੂਜੀ ਦੁਰਮਤਿ ਕਾਰਜੁ ਨ ਹੋਵੈ ॥ ਸੰਜੋਗੁ ਵਿਜੋਗੁ ਕਰਤੈ ਲਿਖਿ ਪਾਏ ਕਿਰਤੁ ਨ ਚਲੈ ਚਲਾਹਾ ਹੇ ॥੮॥ {ਪੰਨਾ ੧੦੫੭}

ਪਦ ਅਰਥ :—ਸੰਜਮੁ—ਪਰਹੇਜ਼, ਵਿਕਾਰਾਂ ਤੋਂ ਬਚੇ ਰਹਿਣ ਦਾ ਉੱਦਮ । ਸਚੁ—ਪੱਕਾ, ਸਦਾ-ਥਿਰ । ਦੁਆਰੈ—ਦਰ ਤੇ । ਸਬਦਿ—ਗੁਰੂ ਦੇ ਸ਼ਬਦ ਦੀ ਰਾਹੀਂ । ਨਿਵਾਰੈ—ਦੂਰ ਕਰ ਲੈਂਦਾ ਹੈ । ਸੇਵਿ—ਸੇਵਾ ਕਰ ਕੇ, ਸਰਨ ਪੈ ਕੇ । ਪਾਈਐ—ਪ੍ਰਾਪਤ ਕਰ ਲਈਦਾ ਹੈ । ਸੀਲੁ—ਚੰਗਾ ਆਚਰਨ । ਤਾਹਾ—ਤਹਾਂ, ਉਥੇ ।੫।

ਉਪਜੈ—ਪੈਦਾ ਹੋ ਜਾਂਦਾ ਹੈ । ਸੰਸਾਰਾ—ਸੰਸਾਰਿ, ਸੰਸਾਰ ਵਿਚ ਖਚਿਤ ਰਿਹਾਂ । ਬਿਨਸੈ—ਆਤਮਕ ਮੌਤ ਸਹੇੜਦਾ ਹੈ । ਵਿਸਾਰਾ—ਵਿਸਾਰਿ, ਭੁਲਾ ਕੇ । ਜਗਿ—ਜਗਤ ਵਿਚ ।੬।

ਅਮਰੁ—ਹੁਕਮ । ਸਚਾ—ਸੱਚਾ, ਅਟੱਲ । ਸਬਦਿ—ਸ਼ਬਦ ਵਿਚ ਜੁੜਿਆਂ । ਸੁਹਾਇਆ—ਚੰਗਾ ਲੱਗਦਾ ਹੈ । ਪੰਚ ਸਬਦ ਮਿਲਿ—ਪੰਜ ਕਿਸਮਾਂ ਦੇ ਸਾਜ ਮਿਲ ਕੇ । ਵਾਇਆ—ਵਜਾਇਆ । ਕਾਰਜੁ—ਜਨਮ-ਮਨੋਰਥ । ਸਚਿ ਨਾਮਿ—ਸਦਾ-ਥਿਰ ਹਰਿ-ਨਾਮ ਵਿਚ । ਸੁਹੇਲਾ—ਸੁਖੀ ।੭।

ਦੂਜੀ ਦੁਰਮਤਿ—ਪ੍ਰਭੂ ਤੋਂ ਬਿਨਾ ਹੋਰ ਨਾਲ ਪਿਆਰ ਕਰਨ ਵਾਲੀ ਖੋਟੀ ਮਤਿ । ਸੰਜੋਗੁ—ਮਿਲਾਪ, ਪ੍ਰਭੂ ਨਾਲ ਮੇਲ । ਵਿਜੋਗੁ—ਪ੍ਰਭੂ ਚਰਨਾਂ ਤੋਂ ਵਿਛੋੜਾ । ਕਰਤੈ—ਕਰਤਾਰ ਨੇ । ਕਿਰਤੁ—ਪਿਛਲੇ ਜਨਮਾਂ ਦੇ ਕੀਤੇ ਕਰਮਾਂ ਦੀ ਕਮਾਈ । ਨ ਚਲੈ—ਮਿਟਦੀ ਨਹੀਂ । ਚਲਾਹਾ—ਮਿਟਾਇਆਂ ।੮।

ਅਰਥ :—ਹੇ ਭਾਈ! ਵਿਕਾਰਾਂ ਤੋਂ ਬਚਣ ਦਾ ਪੱਕਾ ਪ੍ਰਬੰਧ ਗੁਰੂ ਦੇ ਦਰ ਤੇ (ਪ੍ਰਾਪਤ ਹੁੰਦਾ ਹੈ), (ਜਿਹੜਾ ਮਨੁੱਖ ਗੁਰੂ ਦੇ ਸਨਮੁਖ ਰਹਿੰਦਾ ਹੈ, ਉਹ) ਗੁਰੂ ਦੇ ਸ਼ਬਦ ਦੀ ਰਾਹੀਂ (ਆਪਣੇ ਅੰਦਰੋਂ) ਹਉਮੈ ਦੂਰ ਕਰ ਲੈਂਦਾ ਹੈ, ਕ੍ਰੋਧ ਦੂਰ ਕਰ ਲੈਂਦਾ ਹੈ । ਹੇ ਭਾਈ! ਗੁਰੂ ਦੀ ਸਰਨ ਪਿਆਂ ਹੀ ਸਦਾ ਆਤਮਕ ਆਨੰਦ ਮਿਲਦਾ ਹੈ । ਚੰਗਾ ਆਚਰਨ, ਸੰਤੋਖ—ਇਹ ਸਭ ਕੁਝ ਗੁਰੂ ਦੇ ਦਰ ਤੇ ਹੀ ਹੈ ।੫।

ਹੇ ਭਾਈ! ਸੰਸਾਰ ਵਿਚ ਖਚਿਤ ਰਿਹਾਂ (ਮਨੁੱਖ ਦੇ ਅੰਦਰ) ਹਉਮੈ ਪੈਦਾ ਹੋ ਜਾਂਦੀ ਹੈ, ਮਾਇਆ ਦਾ ਮੋਹ ਪੈਦਾ ਹੋ ਜਾਂਦਾ ਹੈ, (ਇਹਨਾਂ ਦੇ ਕਾਰਨ) ਪਰਮਾਤਮਾ ਦਾ ਨਾਮ ਭੁਲਾ ਕੇ ਸਾਰਾ ਜਗਤ ਆਤਮਕ ਮੌਤ ਸਹੇੜ ਲੈਂਦਾ ਹੈ । ਹੇ ਭਾਈ! ਗੁਰੂ ਦੀ ਸਰਨ ਪੈਣ ਤੋਂ ਬਿਨਾ ਪਰਮਾਤਮਾ ਦਾ ਨਾਮ ਨਹੀਂ ਮਿਲਦਾ । ਹਰਿ-ਨਾਮ ਹੀ ਜਗਤ ਵਿਚ ਸਦਾ ਕਾਇਮ ਰਹਿਣ ਵਾਲੀ ਖੱਟੀ ਹੈ ।੬।

ਹੇ ਭਾਈ! ਗੁਰੂ ਦੇ ਸ਼ਬਦ ਦੀ ਰਾਹੀਂ (ਜਿਸ ਮਨੁੱਖ ਨੂੰ) ਪਰਮਾਤਮਾ ਦਾ ਅਟੱਲ ਹੁਕਮ ਮਿੱਠਾ ਲੱਗਣ ਲੱਗ ਪੈਂਦਾ ਹੈ, (ਉਸ ਦੇ ਅੰਦਰ ਇਉਂ ਆਨੰਦ ਬਣਿਆ ਰਹਿੰਦਾ ਹੈ, ਜਿਵੇਂ) ਪੰਜ ਹੀ ਕਿਸਮਾਂ ਦੇ ਸਾਜ਼ਾਂ ਨੇ ਮਿਲ ਕੇ ਸੁੰਦਰ ਰਾਗ ਪੈਦਾ ਕੀਤਾ ਹੋਇਆ ਹੈ । ਹੇ ਭਾਈ! ਪਰਮਾਤਮਾ ਦੇ ਸਦਾ-ਥਿਰ ਨਾਮ ਵਿਚ ਜੁੜਿਆਂ ਜਨਮ-ਮਨੋਰਥ ਸਫਲ ਹੁੰਦਾ ਹੈ, ਗੁਰੂ ਦੇ ਸ਼ਬਦ ਤੋਂ ਬਿਨਾ ਕਾਹਦਾ ਜਨਮ-ਮਨੋਰਥ? (ਜੀਵਨ ਨਿਸਫਲ ਹੀ ਜਾਂਦਾ ਹੈ) ।੭।

ਹੇ ਭਾਈ! (ਪਰਮਾਤਮਾ ਦੇ ਨਾਮ ਤੋਂ ਖੁੰਝਿਆਂ ਮਨੁੱਖ) ਘੜੀ ਵਿਚ ਹੱਸ ਪੈਂਦਾ ਹੈ ਘੜੀ ਵਿਚ ਰੋ ਪੈਂਦਾ ਹੈ (ਹਰਖ ਸੋਗ ਦੇ ਚੱਕਰ ਵਿਚ ਫਸਿਆ ਰਹਿੰਦਾ ਹੈ, ਸੋ) ਮਾਇਆ ਦੇ ਮੋਹ ਵਿਚ ਫਸਾ ਰੱਖਣ ਵਾਲੀ ਖੋਟੀ ਮਤਿ ਦੀ ਰਾਹੀਂ ਜੀਵਨ-ਮਨੋਰਥ ਸਫਲ ਨਹੀਂ ਹੁੰਦਾ । (ਪਰ, ਜੀਵਾਂ ਦੇ ਕੀਹ ਵੱਸ?) (ਹਰਿ-ਨਾਮ ਵਿਚ) ਜੁੜਨਾ ਤੇ (ਹਰਿ-ਨਾਮ ਤੋਂ) ਵਿਛੁੜ ਜਾਣਾ—(ਪਿਛਲੇ ਕੀਤੇ ਕਰਮਾਂ ਅਨੁਸਾਰ) ਕਰਤਾਰ ਨੇ ਆਪ (ਜੀਵਾਂ ਦੇ ਮੱਥੇ ਉਤੇ) ਲਿਖ ਰੱਖੇ ਹਨ, ਇਹ ਪੂਰਬਲੀ ਕਰਮ-ਕਮਾਈ (ਜੀਵ ਪਾਸੋਂ) ਮਿਟਾਇਆਂ ਮਿਟਦੀ ਨਹੀਂ ।੮।

ਜੀਵਨ ਮੁਕਤਿ ਗੁਰ ਸਬਦੁ ਕਮਾਏ ॥ ਹਰਿ ਸਿਉ ਸਦ ਹੀ ਰਹੈ ਸਮਾਏ ॥ ਗੁਰ ਕਿਰਪਾ ਤੇ ਮਿਲੈ ਵਡਿਆਈ ਹਉਮੈ ਰੋਗੁ ਨ ਤਾਹਾ ਹੇ ॥੯॥ ਰਸ ਕਸ ਖਾਏ ਪਿੰਡੁ ਵਧਾਏ ॥ ਭੇਖ ਕਰੈ ਗੁਰ ਸਬਦੁ ਨ ਕਮਾਏ ॥ ਅੰਤਰਿ ਰੋਗੁ ਮਹਾ ਦੁਖੁ ਭਾਰੀ ਬਿਸਟਾ ਮਾਹਿ ਸਮਾਹਾ ਹੇ ॥੧੦॥ ਬੇਦ ਪੜਹਿ ਪੜਿ ਬਾਦੁ ਵਖਾਣਹਿ ॥ ਘਟ ਮਹਿ ਬ੍ਰਹਮੁ ਤਿਸੁ ਸਬਦਿ ਨ ਪਛਾਣਹਿ ॥ ਗੁਰਮੁਖਿ ਹੋਵੈ ਸੁ ਤਤੁ ਬਿਲੋਵੈ ਰਸਨਾ ਹਰਿ ਰਸੁ ਤਾਹਾ ਹੇ ॥੧੧॥ ਘਰਿ ਵਥੁ ਛੋਡਹਿ ਬਾਹਰਿ ਧਾਵਹਿ ॥ ਮਨਮੁਖ ਅੰਧੇ ਸਾਦੁ ਨ ਪਾਵਹਿ ॥ ਅਨ ਰਸ ਰਾਤੀ ਰਸਨਾ ਫੀਕੀ ਬੋਲੇ, ਹਰਿ ਰਸੁ ਮੂਲਿ ਨ ਤਾਹਾ ਹੇ ॥੧੨॥ {ਪੰਨਾ ੧੦੫੮}

ਪਦ ਅਰਥ :—ਮੁਕਤਿ—(ਮਾਇਆ ਦੇ ਮੋਹ ਤੋਂ) ਖ਼ਲਾਸੀ । ਜੀਵਨ ਮੁਕਤਿ—ਉਹ ਮਨੁੱਖ ਜਿਸ ਨੂੰ ਇਸ ਜੀਵਨ ਵਿਚ ਮੁਕਤੀ ਮਿਲ ਗਈ ਹੈ, ਗ੍ਰਿਹਸਤ

ਵਿਚ ਰਹਿੰਦਾ ਹੋਇਆ ਹੀ ਨਿਰਲੇਪ । ਸਬਦੁ ਕਮਾਏ—ਸ਼ਬਦ ਨੂੰ ਹਿਰਦੇ ਵਿਚ ਵਸਾਂਦਾ ਹੈ, ਸ਼ਬਦ ਅਨੁਸਾਰ ਜੀਵਨ ਜੀਊਂਦਾ ਹੈ । ਸਿਉ—ਨਾਲ । ਸਦ—ਸਦਾ । ਤੇ—ਤੋਂ । ਤਾਹਾ—ਉਸ ਨੂੰ ।੯।

ਰਸ ਕਸ—ਕਸੈਲਾ ਆਦਿਕ ਸਾਰੇ ਰਸ । ਕਸ—ਕਸੈਲਾ । ਪਿੰਡੁ—ਸਰੀਰ । ਭੇਖ—ਧਾਰਮਿਕ ਪਹਿਰਾਵਾ । ਬਿਸਟਾ—ਵਿਕਾਰਾਂ ਦਾ ਗੰਦ । ਮਾਹਿ—ਵਿਚ । ਸਮਾਹਾ—ਸਮਾਇਆ ਰਹਿੰਦਾ ਹੈ ।੧੦।

ਪੜਹਿ—ਪੜ੍ਹਦੇ ਹਨ {ਬਹੁ-ਵਚਨ} । ਪੜਿ—ਪੜ੍ਹ ਕੇ । ਬਾਦੁ—ਵਾਦੁ, ਚਰਚਾ । ਵਖਾਣਹਿ—ਵਖਾਣਦੇ ਹਨ, ਵਿਆਖਿਆ ਕਰਦੇ ਹਨ । ਘਟ—ਸਰੀਰ, ਹਿਰਦਾ । ਸਬਦਿ—ਗੁਰੂ ਦੇ ਸ਼ਬਦ ਦੀ ਰਾਹੀਂ । ਨ ਪਛਾਣਹਿ—ਸਾਂਝ ਨਹੀਂ ਪਾਂਦੇ । ਗੁਰਮੁਖਿ—ਗੁਰੂ ਦੇ ਸਨਮੁਖ । ਤਤੁ—ਸਾਰ, ਮੱਖਣ । ਬਿਲੋਵੈ—ਰਿੜਕਦਾ ਹੈ, ਵਿਚਾਰਦਾ ਹੈ । ਰਸਨਾ—ਜੀਭ । ਰਸੁ—ਸੁਆਦ । ਤਾਹਾ—ਉਸ ਦੀ ।੧੧।

ਘਰਿ—ਘਰ ਵਿਚ, ਸਰੀਰ ਵਿਚ, ਹਿਰਦੇ ਵਿਚ । ਵਥੁ—ਵਸਤੁ, ਨਾਮ-ਪਦਾਰਥ । ਛੋਡਹਿ—ਛੱਡ ਦੇਂਦੇ ਹਨ {ਬਹੁ-ਵਚਨ} । ਧਾਵਹਿ—ਦੌੜਦੇ ਹਨ {ਬਹੁ-ਵਚਨ} । ਮਨਮੁਖ—ਆਪਣੇ ਮਨ ਦੇ ਪਿੱਛੇ ਤੁਰਨ ਵਾਲੇ । ਅੰਧੇ—ਮਾਇਆ ਦੇ ਮੋਹ ਵਿਚ ਅੰਨ੍ਹੇ । ਅਨ ਰਸ—ਹੋਰ ਹੋਰ ਰਸਾਂ ਵਿਚ । ਰਾਤੀ—ਰੱਤੀ ਹੋਈ, ਮਸਤ । ਰਸਨਾ—ਜੀਭ । ਮੂਲਿ—ਬਿਲਕੁਲ ਹੀ ।੧੨।

ਅਰਥ :—ਹੇ ਭਾਈ! ਜਿਹੜਾ ਮਨੁੱਖ ਗੁਰੂ ਦੇ ਸ਼ਬਦ ਅਨੁਸਾਰ ਜੀਵਨ ਜੀਊਂਦਾ ਹੈ, ਉਹ ਗ੍ਰਿਹਸਤ ਵਿਚ ਰਹਿੰਦਾ ਹੋਇਆ ਹੀ ਨਿਰਲੇਪ ਹੈ, ਉਹ ਸਦਾ ਹੀ ਪਰਮਾਤਮਾ ਦੀ ਯਾਦ ਵਿਚ ਲੀਨ ਰਹਿੰਦਾ ਹੈ । ਗੁਰੂ ਦੀ ਕਿਰਪਾ ਨਾਲ ਉਸ ਨੂੰ (ਇਸ ਲੋਕ ਤੇ ਪਰਲੋਕ ਵਿਚ) ਆਦਰ ਮਿਲਦਾ ਹੈ, ਉਸ ਦੇ ਅੰਦਰ ਹਉਮੈ ਦਾ ਰੋਗ ਨਹੀਂ ਹੁੰਦਾ ।੯।

ਹੇ ਭਾਈ! (ਦੂਜੇ ਪਾਸੇ ਵੇਖ ਤਿਆਗੀਆਂ ਦਾ ਹਾਲ । ਜਿਹੜਾ ਮਨੁੱਖ ਆਪਣੇ ਵੱਲੋਂ 'ਤਿਆਗ' ਕਰ ਕੇ ਖੱਟੇ ਮਿੱਠੇ ਕਸੈਲੇ ਆਦਿਕ) ਸਾਰੇ ਰਸਾਂ ਵਾਲੇ ਖਾਣੇ ਖਾਂਦਾ ਰਹਿੰਦਾ ਹੈ, ਤੇ, ਆਪਣੇ ਸਰੀਰ ਨੂੰ ਮੋਟਾ ਕਰੀ ਜਾਂਦਾ ਹੈ, (ਤਿਆਗੀਆਂ ਵਾਲਾ) ਧਾਰਮਿਕ ਪਹਿਰਾਵਾ ਪਹਿਨਦਾ ਹੈ, ਗੁਰੂ ਦੇ ਸ਼ਬਦ ਅਨੁਸਾਰ ਜੀਵਨ ਨਹੀਂ ਬਿਤਾਂਦਾ, ਉਸ ਦੇ ਅੰਦਰ (ਚਸਕਿਆਂ ਦਾ) ਰੋਗ ਹੈ, ਇਹ ਉਸ ਨੂੰ ਵੱਡਾ ਭਾਰੀ ਦੁੱਖ ਵਾਪਰਿਆ ਹੋਇਆ ਹੈ, ਉਹ ਹਰ ਵੇਲੇ ਵਿਕਾਰਾਂ ਦੇ ਗੰਦ ਵਿਚ ਲੀਨ ਰਹਿੰਦਾ ਹੈ ।੧੦।

ਹੇ ਭਾਈ! (ਪੰਡਿਤ ਲੋਕ ਭੀ) ਵੇਦ (ਆਦਿਕ ਧਰਮ-ਪੁਸਤਕ) ਪੜ੍ਹਦੇ ਹਨ, (ਇਹਨਾਂ ਨੂੰ) ਪੜ੍ਹ ਕੇ ਨਿਰੀ ਚਰਚਾ ਦਾ ਸਿਲਸਿਲਾ ਛੇੜੀ ਰੱਖਦੇ ਹਨ, ਜਿਹੜਾ ਪਰਮਾਤਮਾ ਹਿਰਦੇ ਵਿਚ ਹੀ ਵੱਸ ਰਿਹਾ ਹੈ, ਉਸ ਨਾਲ ਗੁਰ-ਸ਼ਬਦ ਦੀ ਰਾਹੀਂ ਸਾਂਝ ਨਹੀਂ ਪਾਂਦੇ । ਪਰ, ਹੇ ਭਾਈ! ਜਿਹੜਾ ਮਨੁੱਖ ਗੁਰੂ ਦੀ ਸਰਨ ਪੈਂਦਾ ਹੈ, ਉਹ ਤੱਤ ਨੂੰ ਵਿਚਾਰਦਾ ਹੈ, ਉਸ ਦੀ ਜੀਭ ਵਿਚ ਹਰਿ-ਨਾਮ ਦਾ ਸੁਆਦ ਟਿਕਿਆ ਰਹਿੰਦਾ ਹੈ ।੧੧।

ਹੇ ਭਾਈ! ਜਿਹੜੇ ਮਨੁੱਖ ਹਿਰਦੇ-ਘਰ ਵਿਚ ਵੱਸ ਰਹੇ ਨਾਮ-ਪਦਾਰਥ ਨੂੰ ਛੱਡ ਦੇਂਦੇ ਹਨ, ਤੇ, ਬਾਹਰ ਭਟਕਦੇ ਹਨ, ਉਹ ਮਨ ਦੇ ਮੁਰੀਦ ਤੇ ਮਾਇਆ ਦੇ ਮੋਹ ਵਿਚ ਅੰਨ੍ਹੇ ਹੋਏ ਮਨੁੱਖ ਹਰਿ-ਨਾਮ ਦਾ ਸੁਆਦ ਨਹੀਂ ਮਾਣ ਸਕਦੇ । ਹੋਰ ਹੋਰ ਸੁਆਦਾਂ ਵਿਚ ਮਸਤ ਉਹਨਾਂ ਦੀ ਜੀਭ ਫਿੱਕੇ ਬੋਲ ਬੋਲਦੀ ਰਹਿੰਦੀ ਹੈ, ਪਰਮਾਤਮਾ ਦੇ ਨਾਮ ਦਾ ਸੁਆਦ ਉਹਨਾਂ ਨੂੰ ਬਿਲਕੁਲ ਹਾਸਲ ਨਹੀਂ ਹੁੰਦਾ ।੧੨।

ਮਨਮੁਖ ਦੇਹੀ ਭਰਮੁ ਭਤਾਰੋ ॥ ਦੁਰਮਤਿ ਮਰੈ ਨਿਤ ਹੋਇ ਖੁਆਰੋ ॥ ਕਾਮਿ ਕ੍ਰੋਧਿ ਮਨੁ ਦੂਜੈ ਲਾਇਆ ਸੁਪਨੈ ਸੁਖੁ ਨ ਤਾਹਾ ਹੇ ॥੧੩॥ ਕੰਚਨ ਦੇਹੀ ਸਬਦੁ ਭਤਾਰੋ ॥ ਅਨਦਿਨੁ ਭੋਗ ਭੋਗੇ ਹਰਿ ਸਿਉ ਪਿਆਰੋ ॥ ਮਹਲਾ ਅੰਦਰਿ ਗੈਰ ਮਹਲੁ ਪਾਏ ਭਾਣਾ ਬੁਝਿ ਸਮਾਹਾ ਹੇ ॥੧੪॥ ਆਪੇ ਦੇਵੈ ਦੇਵਣਹਾਰਾ ॥ ਤਿਸੁ ਆਗੈ ਨਹੀ ਕਿਸੈ ਕਾ ਚਾਰਾ ॥ ਆਪੇ ਬਖਸੇ ਸਬਦਿ ਮਿਲਾਏ ਤਿਸ ਦਾ ਸਬਦੁ ਅਥਾਹਾ ਹੇ ॥੧੫॥ ਜੀਉ ਪਿੰਡੁ ਸਭੁ ਹੈ ਤਿਸੁ ਕੇਰਾ ॥ ਸਚਾ ਸਾਹਿਬੁ ਠਾਕੁਰੁ ਮੇਰਾ ॥ ਨਾਨਕ ਗੁਰਬਾਣੀ ਹਰਿ ਪਾਇਆ ਹਰਿ ਜਪੁ ਜਾਪਿ ਸਮਾਹਾ ਹੇ ॥੧੬॥੫॥੧੪॥ {ਪੰਨਾ ੧੦੫੮}

ਪਦ ਅਰਥ :—ਮਨਮੁਖ ਦੇਹੀ—ਮਨ ਦੇ ਮੁਰੀਦ ਮਨੁੱਖ ਦੀ ਕਾਇਆਂ । ਭਰਮੁ—ਭਟਕਣਾ । ਭਤਾਰੋ—ਖਸਮ, ਅਗਵਾਈ ਕਰਨ ਵਾਲਾ । ਦੁਰਮਤਿ—ਖੋਟੀ ਮਤਿ । ਮਰੈ—ਆਤਮਕ ਮੌਤ ਸਹੇੜ ਲੈਂਦਾ ਹੈ । ਕਾਮਿ—ਕਾਮ ਵਿਚ । ਕ੍ਰੋਧਿ—ਕ੍ਰੋਧ ਵਿਚ । ਦੂਜੈ—ਮਾਇਆ ਦੇ ਮੋਹ ਵਿਚ । ਸੁਪਨੈ—ਸੁਪਨੇ ਵਿਚ, ਕਦੇ ਭੀ । ਸੁਖੁ—ਆਤਮਕ ਆਨੰਦ ।੧੩।

ਕੰਚਨ—ਸੋਨਾ । ਕੰਚਨ ਦੇਹੀ—ਸੋਨੇ ਵਰਗੀ ਪਵਿੱਤਰ ਕਾਇਆਂ । ਅਨਦਿਨੁ—{ਅਨੁਦਿਨਾਜ਼} ਹਰ ਰੋਜ਼, ਹਰ ਵੇਲੇ । ਭੋਗ ਭੋਗੇ—ਆਤਮਕ ਆਨੰਦ ਮਾਣਦੀ ਹੈ । ਸਿਉ—ਨਾਲ । ਮਹਲਾ ਅੰਦਰਿ—ਸਰੀਰਾਂ ਵਿਚ । ਗੈਰ ਮਹਲੁ—ਗੈਰ ਮਹਲ, ਲਾ-ਮਕਾਨ ਪਰਮਾਤਮਾ ਨੂੰ । ਭਾਣਾ ਬੁਝਿ—ਰਜ਼ਾ ਨੂੰ ਮਿੱਠਾ ਮੰਨ ਕੇ ।੧੪।

ਆਪੇ—ਆਪ ਹੀ । ਦੇਵਣਹਾਰਾ—ਦੇ ਸਕਣ ਵਾਲਾ ਹਰੀ । ਚਾਰਾ—ਜ਼ੋਰ, ਪੇਸ਼ । ਸਬਦਿ—ਸ਼ਬਦ ਵਿਚ । ਤਿਸ ਦਾ—{ਸੰਬੰਧਕ 'ਦਾ' ਦੇ ਕਾਰਨ ਲਫ਼ਜ਼ 'ਤਿਸੁ' ਦਾ _ ਉੱਡ ਗਿਆ ਹੈ} । ਸਬਦੁ—ਹੁਕਮ । ਅਥਾਹਾ—ਬਹੁਤ ਹੀ ਡੂੰਘਾ ।੧੫।

ਜੀਉ—ਜਿੰਦ । ਪਿੰਡੁ—ਸਰੀਰ । ਕੇਰਾ—ਦਾ । ਸਚਾ—ਸਦਾ ਕਾਇਮ ਰਹਿਣ ਵਾਲਾ । ਠਾਕੁਰੁ—ਮਾਲਕ । ਜਾਪਿ—ਜਪ ਕੇ । ਸਮਾਹਾ—ਲੀਨ ਹੋ ਜਾਂਦਾ ਹੈ ।੧੬।

ਅਰਥ :—ਹੇ ਭਾਈ! ਮਾਇਆ ਦੀ ਭਟਕਣ ਮਨ ਦੇ ਮੁਰੀਦ ਮਨੁੱਖ ਦੇ ਸਰੀਰ ਦੀ ਅਗਵਾਈ ਕਰਦੀ ਹੈ, (ਇਸ) ਖੋਟੀ ਮਤਿ ਦੇ ਕਾਰਨ ਮਨਮੁਖ ਆਤਮਕ ਮੌਤ ਸਹੇੜ ਲੈਂਦਾ ਹੈ, ਤੇ, ਸਦਾ ਖ਼ੁਆਰ ਹੁੰਦਾ ਹੈ । ਮਨਮੁਖ ਆਪਣੇ ਮਨ ਨੂੰ ਕਾਮ ਵਿਚ, ਕ੍ਰੋਧ ਵਿਚ, ਮਾਇਆ ਦੇ ਮੋਹ ਵਿਚ ਜੋੜੀ ਰੱਖਦਾ ਹੈ, (ਇਸ ਵਾਸਤੇ) ਉਸ ਨੂੰ ਕਦੇ ਭੀ ਆਤਮਕ ਆਨੰਦ ਨਹੀਂ ਮਿਲਦਾ ।੧੩।

ਹੇ ਭਾਈ! ਗੁਰੂ ਦਾ ਸ਼ਬਦ ਜਿਸ ਮਨੁੱਖ ਦੇ ਸੋਨੇ ਵਰਗੇ ਪਵਿੱਤਰ ਸਰੀਰ ਦਾ ਆਗੂ ਬਣਿਆ ਰਹਿੰਦਾ ਹੈ, ਉਹ ਮਨੁੱਖ ਪਰਮਾਤਮਾ ਨਾਲ ਪਿਆਰ ਬਣਾਈ

ਰੱਖਦਾ ਹੈ ਤੇ ਹਰ ਵੇਲੇ ਪਰਮਾਤਮਾ ਦੇ ਮਿਲਾਪ ਦਾ ਆਨੰਦ ਮਾਣਦਾ ਹੈ । ਉਹ ਮਨੁੱਖ ਉਸ ਲਾ-ਮਕਾਨ ਪਰਮਾਤਮਾ ਨੂੰ ਸਭ ਸਰੀਰਾਂ ਵਿਚ (ਵੱਸਦਾ) ਵੇਖ ਲੈਂਦਾ ਹੈ, ਉਸ ਦੀ ਰਜ਼ਾ ਨੂੰ ਮਿੱਠਾ ਮੰਨ ਕੇ ਉਸ ਵਿਚ ਲੀਨ ਰਹਿੰਦਾ ਹੈ ।੧੪।

ਪਰ, ਹੇ ਭਾਈ! (ਇਹ ਸ਼ਬਦ ਦੀ ਦਾਤਿ) ਦੇ ਸਕਣ ਵਾਲਾ ਪਰਮਾਤਮਾ ਆਪ ਹੀ ਦੇਂਦਾ ਹੈ, ਉਸ ਦੇ ਸਾਹਮਣੇ ਕਿਸੇ ਦਾ ਜ਼ੋਰ ਨਹੀਂ ਚੱਲ ਸਕਦਾ । ਉਹ ਆਪ ਹੀ ਬਖ਼ਸ਼ਸ਼ ਕਰਦਾ ਹੈ ਤੇ ਗੁਰੂ ਦੇ ਸ਼ਬਦ ਵਿਚ ਜੋੜਦਾ ਹੈ । ਹੇ ਭਾਈ! ਉਸ ਮਾਲਕ-ਪ੍ਰਭੂ ਦਾ ਹੁਕਮ ਬਹੁਤ ਗੰਭੀਰ ਹੈ ।੧੫।

ਹੇ ਭਾਈ! ਇਹ ਜਿੰਦ ਤੇ ਇਹ ਸਰੀਰ ਸਭ ਕੁਝ ਉਸ ਪਰਮਾਤਮਾ ਦਾ ਦਿੱਤਾ ਹੋਇਆ ਹੈ । ਹੇ ਭਾਈ! ਮੇਰਾ ਉਹ ਮਾਲਕ-ਪ੍ਰਭੂ ਸਦਾ ਕਾਇਮ ਰਹਿਣ ਵਾਲਾ ਹੈ । ਹੇ ਨਾਨਕ! (ਕੋਈ ਭਾਗਾਂ ਵਾਲਾ ਮਨੁੱਖ) ਗੁਰੂ ਦੀ ਬਾਣੀ ਦੀ ਰਾਹੀਂ ਉਸ ਪਰਮਾਤਮਾ ਨੂੰ ਲੱਭ ਲੈਂਦਾ ਹੈ, ਉਸ ਹਰੀ ਦੇ ਨਾਮ ਦਾ ਜਾਪ ਜਪ ਕੇ ਉਸ ਵਿਚ ਸਮਾਇਆ ਰਹਿੰਦਾ ਹੈ ।੧੬।੫।੧੪।

ਮਾਰੂ ਮਹਲਾ ੩ ॥ ਗੁਰਮੁਖਿ ਨਾਦ ਬੇਦ ਬੀਚਾਰੁ ॥ ਗੁਰਮੁਖਿ ਗਿਆਨੁ ਧਿਆਨੁ ਆਪਾਰੁ ॥ ਗੁਰਮੁਖਿ ਕਾਰ ਕਰੇ ਪ੍ਰਭ ਭਾਵੈ ਗੁਰਮੁਖਿ ਪੂਰਾ ਪਾਇਦਾ ॥੧॥ ਗੁਰਮੁਖਿ ਮਨੂਆ ਉਲਟਿ ਪਰਾਵੈ ॥ ਗੁਰਮੁਖਿ ਬਾਣੀ ਨਾਦੁ ਵਜਾਵੈ ॥ ਗੁਰਮੁਖਿ ਸਚਿ ਰਤੇ ਬੈਰਾਗੀ ਨਿਜ ਘਰਿ ਵਾਸਾ ਪਾਇਦਾ ॥੨॥ ਗੁਰ ਕੀ ਸਾਖੀ ਅੰਮ੍ਰਿਤ ਭਾਖੀ ॥ ਸਚੈ ਸਬਦੇ ਸਚੁ ਸੁਭਾਖੀ ॥ ਸਦਾ ਸਚਿ ਰੰਗਿ ਰਾਤਾ ਮਨੁ ਮੇਰਾ ਸਚੇ ਸਚਿ ਸਮਾਇਦਾ ॥੩॥ ਗੁਰਮੁਖਿ ਮਨੁ ਨਿਰਮਲੁ ਸਤ ਸਰਿ ਨਾਵੈ ॥ ਮੈਲੁ ਨ ਲਾਗੈ ਸਚਿ ਸਮਾਵੈ ॥ ਸਚੋ ਸਚੁ ਕਮਾਵੈ ਸਦ ਹੀ ਸਚੀ ਭਗਤਿ ਦ੍ਰਿੜਾਇਦਾ ॥੪॥ {ਪੰਨਾ ੧੦੫੮}

ਪਦ ਅਰਥ :—ਬੀਚਾਰੁ—ਬਾਣੀ ਦੀ ਵਿਚਾਰ, ਹਰਿ-ਨਾਮ ਨੂੰ ਮਨ ਵਿਚ ਵਸਾਣਾ । ਨਾਦ—ਜੋਗੀਆਂ ਦਾ ਸਿੰਙੀ ਆਦਿਕ ਵਜਾਣਾ । ਪ੍ਰਭ ਭਾਵੈ—ਪ੍ਰਭੂ ਨੂੰ ਚੰਗੀ ਲੱਗਦੀ ਹੈ ।੧।

ਉਲਟਿ—(ਮਾਇਆ ਵਲੋਂ) ਮੋੜ ਕੇ । ਪਰਾਵੈ—ਰੋਕਦਾ ਹੈ । ਬਾਣੀ—ਗੁਰੂ ਦੀ ਬਾਣੀ । ਵਜਾਵੈ—ਵਜਾਂਦਾ ਹੈ । ਸਚਿ—ਸਦਾ-ਥਿਰ ਹਰਿ-ਨਾਮ ਵਿਚ । ਰਤੇ—ਰੱਤੇ, ਮਸਤ । ਬੈਰਾਗੀ—ਨਿਰਲੇਪ । ਨਿਜ ਘਰਿ—ਆਪਣੇ ਘਰ ਵਿਚ, ਸ੍ਵੈ-ਸਰੂਪ ਵਿਚ, ਪ੍ਰਭੂ-ਚਰਨਾਂ ਵਿਚ ।੨।

ਸਾਖੀ—ਸਿੱਖਿਆ । ਅੰਮ੍ਰਿਤ—ਆਤਮਕ ਜੀਵਨ ਦੇਣ ਵਾਲੀ । ਭਾਖੀ—ਉਚਾਰਦਾ ਹੈ । ਸਚੈ ਸਬਦੇ—ਸਦਾ-ਥਿਰ ਪ੍ਰਭੂ ਦੀ ਸਿਫ਼ਤਿ-ਸਾਲਾਹ ਦੇ ਸ਼ਬਦ ਦੀ ਰਾਹੀਂ । ਸਚੁ—ਸਦਾ-ਥਿਰ ਹਰਿ-ਨਾਮ । ਸੁਭਾਖੀ—ਪ੍ਰੇਮ ਨਾਲ ਉਚਾਰਦਾ ਹੈ । ਸਚਿ ਰੰਗਿ—ਸਦਾ-ਥਿਰ ਪ੍ਰੇਮ-ਰੰਗ ਵਿਚ । ਮਨੁ ਮੇਰਾ—'ਮੇਰਾ ਮੇਰਾ' ਕੂਕਣ ਵਾਲਾ ਮਨ, ਮਮਤਾ ਵਿਚ ਫਸਿਆ ਮਨ । ਸਚੇ ਸਚਿ—ਸਦਾ-ਥਿਰ ਪ੍ਰਭੂ ਵਿਚ ਹੀ ।੩।

ਸਤ ਸਰਿ—ਸੰਤੋਖ-ਸਰੋਵਰ ਵਿਚ । ਨਾਵੈ—ਇਸ਼ਨਾਨ ਕਰਦਾ ਹੈ । ਸਚਿ—ਸਦਾ-ਥਿਰ ਪ੍ਰਭੂ ਵਿਚ । ਸਚੋ ਸਚੁ ਕਮਾਵੈ—ਸਦਾ-ਥਿਰ ਹਰਿ-ਨਾਮ ਸਿਮਰਨ ਦੀ ਕਮਾਈ ਕਰਦਾ ਹੈ । ਸਦ—ਸਦਾ । ਦ੍ਰਿੜਾਇਦਾ—ਹਿਰਦੇ ਵਿਚ ਪੱਕੀ ਕਰ ਲੈਂਦਾ ਹੈ ।੪।

ਅਰਥ :—(ਜੋਗੀ ਨਾਦ ਵਜਾਂਦੇ ਹਨ, ਪੰਡਿਤ ਵੇਦ ਪੜ੍ਹਦੇ ਹਨ, ਪਰ) ਹਰਿ-ਨਾਮ ਨੂੰ ਮਨ ਵਿਚ ਵਸਾਣਾ ਹੀ ਗੁਰਮੁਖ (ਗੁਰੂ ਦੇ ਸਨਮੁਖ ਰਹਿਣ ਵਾਲੇ ਮਨੁੱਖ) ਵਾਸਤੇ ਨਾਦ (ਦਾ ਵਜਾਣਾ ਅਤੇ) ਵੇਦ (ਦਾ ਪਾਠ) ਹੈ । ਬੇਅੰਤ ਪ੍ਰਭੂ ਦਾ ਸਿਮਰਨ ਹੀ ਗੁਰਮੁਖ ਲਈ ਗਿਆਨ (-ਚਰਚਾ) ਅਤੇ ਸਮਾਧੀ ਹੈ । ਹੇ ਭਾਈ! ਗੁਰੂ ਦੇ ਸਨਮੁਖ ਰਹਿਣ ਵਾਲਾ ਮਨੁੱਖ (ਉਹ) ਕਾਰ ਕਰਦਾ ਹੈ ਜੋ ਪ੍ਰਭੂ ਨੂੰ ਚੰਗੀ ਲੱਗਦੀ ਹੈ (ਗੁਰਮੁਖ ਪਰਮਾਤਮਾ ਦੀ ਰਜ਼ਾ ਵਿਚ ਤੁਰਦਾ ਹੈ) । (ਇਸ ਤਰ੍ਹਾਂ) ਗੁਰੂ ਦੇ ਸਨਮੁਖ ਰਹਿਣ ਵਾਲਾ ਮਨੁੱਖ ਪੂਰਨ ਪ੍ਰਭੂ ਦਾ ਮਿਲਾਪ ਹਾਸਲ ਕਰ ਲੈਂਦਾ ਹੈ ।੧।

ਹੇ ਭਾਈ! ਗੁਰੂ ਦੀ ਸਰਨ ਰਹਿਣ ਵਾਲਾ ਮਨੁੱਖ (ਆਪਣੇ) ਮਨ ਨੂੰ (ਮਾਇਆ ਦੇ ਮੋਹ ਵੱਲੋਂ) ਰੋਕ ਰੱਖਦਾ ਹੈ ਉਹ ਗੁਰਬਾਣੀ ਨੂੰ ਹਿਰਦੇ ਵਿਚ ਵਸਾਂਦਾ ਹੈ (ਮਾਨੋ, ਜੋਗੀ ਵਾਂਗ) ਨਾਦ ਵਜਾ ਰਿਹਾ ਹੈ । ਗੁਰੂ ਦੇ ਸਨਮੁਖ ਰਹਿਣ ਵਾਲੇ ਮਨੁੱਖ ਸਦਾ-ਥਿਰ ਹਰਿ-ਨਾਮ ਵਿਚ ਰੰਗੇ ਰਹਿੰਦੇ ਹਨ, (ਇਸ ਤਰ੍ਹਾਂ) ਮਾਇਆ ਵਲੋਂ ਨਿਰਲੇਪ ਰਹਿ ਕੇ ਪ੍ਰਭੂ-ਚਰਨਾਂ ਵਿਚ ਟਿਕੇ ਰਹਿੰਦੇ ਹਨ ।੨।

ਹੇ ਭਾਈ! ਜਿਹੜਾ ਮਨੁੱਖ ਆਤਮਕ ਜੀਵਨ ਦੇਣ ਵਾਲੀ ਗੁਰਬਾਣੀ ਉਚਾਰਦਾ ਰਹਿੰਦਾ ਹੈ, ਸਦਾ-ਥਿਰ ਪ੍ਰਭੂ ਦੀ ਸਿਫ਼ਤਿ-ਸਾਲਾਹ ਵਾਲੀ ਬਾਣੀ ਦੀ ਰਾਹੀਂ ਸਦਾ-ਥਿਰ ਹਰਿ-ਨਾਮ ਸਿਮਰਦਾ ਰਹਿੰਦਾ ਹੈ, ਉਸ ਦਾ ਮਮਤਾ ਵਿਚ ਫਸਣ ਵਾਲਾ ਮਨ ਸਦਾ ਹਰਿ-ਨਾਮ ਦੇ ਪ੍ਰੇਮ-ਰੰਗ ਵਿਚ ਰੰਗਿਆ ਰਹਿੰਦਾ ਹੈ, ਉਹ ਸਦਾ ਕਾਇਮ ਰਹਿਣ ਵਾਲੇ ਪਰਮਾਤਮਾ ਵਿਚ ਹੀ ਲੀਨ ਰਹਿੰਦਾ ਹੈ ।੩।

ਹੇ ਭਾਈ! ਜਿਹੜਾ ਮਨੁੱਖ ਗੁਰੂ ਦੀ ਸਰਨ ਪੈਂਦਾ ਹੈ, ਉਸ ਦਾ ਮਨ ਪਵਿੱਤਰ ਹੋ ਜਾਂਦਾ ਹੈ, ਉਹ ਸੰਤੋਖ ਦੇ ਸਰੋਵਰ (ਹਰਿ-ਨਾਮ) ਵਿਚ ਇਸ਼ਨਾਨ ਕਰਦਾ ਹੈ; ਉਸ ਨੂੰ (ਵਿਕਾਰਾਂ ਦੀ) ਮੈਲ ਨਹੀਂ ਚੰਬੜਦੀ, ਉਹ ਸਦਾ-ਥਿਰ ਰਹਿਣ ਵਾਲੇ ਪਰਮਾਤਮਾ ਵਿਚ ਸਮਾਇਆ ਰਹਿੰਦਾ ਹੈ । ਉਹ ਮਨੁੱਖ ਹਰ ਵੇਲੇ ਸਦਾ-ਥਿਰ ਹਰਿ-ਨਾਮ ਸਿਮਰਨ ਦੀ ਹੀ ਕਮਾਈ ਕਰਦਾ ਹੈ, ਉਹ ਮਨੁੱਖ ਸਦਾ ਨਾਲ ਨਿਭਣ ਵਾਲੀ ਭਗਤੀ (ਆਪਣੇ ਹਿਰਦੇ ਵਿਚ) ਪੱਕੇ ਤੌਰ ਤੇ ਟਿਕਾਈ ਰੱਖਦਾ ਹੈ ।੪।

ਗੁਰਮੁਖਿ ਸਚੁ ਬੈਣੀ ਗੁਰਮੁਖਿ ਸਚੁ ਨੈਣੀ ॥ ਗੁਰਮੁਖਿ ਸਚੁ ਕਮਾਵੈ ਕਰਣੀ ॥ ਸਦ ਹੀ ਸਚੁ ਕਹੈ ਦਿਨੁ ਰਾਤੀ ਅਵਰਾ ਸਚੁ ਕਹਾਇਦਾ ॥੫॥ ਗੁਰਮੁਖਿ ਸਚੀ ਊਤਮ ਬਾਣੀ ॥ ਗੁਰਮੁਖਿ ਸਚੋ ਸਚੁ ਵਖਾਣੀ ॥ ਗੁਰਮੁਖਿ ਸਦ ਸੇਵਹਿ ਸਚੋ ਸਚਾ ਗੁਰਮੁਖਿ ਸਬਦੁ ਸੁਣਾਇਦਾ ॥੬॥ ਗੁਰਮੁਖਿ ਹੋਵੈ ਸੁ ਸੋਝੀ ਪਾਏ ॥ ਹਉਮੈ ਮਾਇਆ ਭਰਮੁ ਗਵਾਏ ॥ ਗੁਰ ਕੀ ਪਉੜੀ ਊਤਮ ਊਚੀ ਦਰਿ ਸਚੈ ਹਰਿ ਗੁਣ ਗਾਇਦਾ ॥੭॥ ਗੁਰਮੁਖਿ ਸਚੁ ਸੰਜਮੁ ਕਰਣੀ ਸਾਰੁ ॥ ਗੁਰਮੁਖਿ ਪਾਏ ਮੋਖ ਦੁਆਰੁ ॥ ਭਾਇ ਭਗਤਿ ਸਦਾ ਰੰਗਿ ਰਾਤਾ ਆਪੁ ਗਵਾਇ ਸਮਾਇਦਾ ॥੮॥ {ਪੰਨਾ ੧੦੫੮-੧੦੫੯}

ਪਦ ਅਰਥ :—ਸਚੁ—ਸਦਾ-ਥਿਰ ਹਰਿ-ਨਾਮ । ਬੈਣੀ—ਬਚਨਾਂ ਵਿਚ । ਸਚੁ—ਸਦਾ-ਥਿਰ ਪ੍ਰਭੂ । ਨੈਣੀ—ਨੈਣੀਂ, ਅੱਖਾਂ ਵਿਚ । ਕਰਣੀ—ਕਰਨ-ਜੋਗ ਕੰਮ {ਕਰਣੀਯ} । ਸਚੁ ਕਮਾਵੈ—ਸਦਾ-ਥਿਰ ਹਰਿ-ਨਾਮ ਸਿਮਰਨ ਦੀ ਕਮਾਈ ਕਰਦਾ ਹੈ । ਸਦ—ਸਦਾ । ਕਹੈ—ਉਚਾਰਦਾ ਹੈ ।੫।

ਸਚੀ ਬਾਣੀ—ਸਦਾ-ਥਿਰ ਪ੍ਰਭੂ ਦੀ ਸਿਫ਼ਤਿ-ਸਾਲਾਹ ਵਾਲੀ ਬਾਣੀ । ਸਚੋ ਸਚੁ—ਸਦਾ-ਥਿਰ ਨਾਮ ਹੀ ਨਾਮ । ਸਦ—ਸਦਾ । ਸੇਵਹਿ—ਸਿਮਰਦੇ ਹਨ ।

ਸਬਦੁ—ਸਿਫ਼ਤਿ-ਸਾਲਾਹ ਦੀ ਬਾਣੀ ।੬।

ਸੁ—ਉਹ {ਇਕ-ਵਚਨ} । ਮਾਇਆ ਭਰਮੁ—ਮਾਇਆ ਵਾਲੀ ਭਟਕਣਾ । ਦਰਿ ਸਚੈ—ਸਦਾ-ਥਿਰ ਦੇ ਦਰ ਤੇ, ਸਦਾ-ਥਿਰ ਪ੍ਰਭੂ ਦੀ ਹਜ਼ੂਰੀ ਵਿਚ । ਗੁਰ ਕੀ ਪਉੜੀ—ਗੁਰੂ ਦੀ ਦੱਸੀ ਹੋਈ ਪੌੜੀ (ਜਿਸ ਦੀ ਰਾਹੀਂ ਪ੍ਰਭੂ-ਚਰਨਾਂ ਵਿਚ ਪਹੁੰਚ ਸਕੀਦਾ ਹੈ) ।੭।

ਸਚੁ—ਸਦਾ-ਥਿਰ ਹਰਿ-ਨਾਮ ਦਾ ਸਿਮਰਨ । ਸਾਰ—ਸ੍ਰੇਸ਼ਟ । ਸੰਜਮੁ—(ਵਿਕਾਰਾਂ ਤੋਂ ਬਚਣ ਲਈ) ਪਰਹੇਜ਼ । ਸਾਰੁ ਸੰਜਮੁ—ਵਧੀਆ ਸੰਜਮ । ਕਰਣੀ—ਕਰਨ-ਜੋਗ ਕੰਮ । ਮੋਖ ਦੁਆਰੁ—(ਵਿਕਾਰਾਂ ਤੋਂ) ਖ਼ਲਾਸੀ ਪਾਣ ਦਾ ਦਰਵਾਜ਼ਾ । ਭਾਇ—ਪ੍ਰੇਮ ਵਿਚ । ਰੰਗਿ—ਰੰਗ ਵਿਚ । ਆਪੁ—ਆਪਾ-ਭਾਵ ।੮।

ਅਰਥ :—ਹੇ ਭਾਈ! ਜਿਹੜਾ ਮਨੁੱਖ ਗੁਰੂ ਦੀ ਸਰਨ ਪੈਂਦਾ ਹੈ, ਉਸ ਦੇ ਬਚਨਾਂ ਵਿਚ ਪ੍ਰਭੂ ਵੱਸਦਾ ਹੈ, ਉਸ ਦੀਆਂ ਅੱਖਾਂ ਵਿਚ ਪ੍ਰਭੂ ਵੱਸਦਾ ਹੈ (ਉਹ ਹਰ ਵੇਲੇ ਨਾਮ ਸਿਮਰਦਾ ਹੈ, ਹਰ ਪਾਸੇ ਪਰਮਾਤਮਾ ਨੂੰ ਹੀ ਵੇਖਦਾ ਹੈ), ਉਹ ਸਦਾ-ਥਿਰ ਪ੍ਰਭੂ ਦੇ ਨਾਮ ਸਿਮਰਨ ਦੀ ਕਮਾਈ ਕਰਦਾ ਹੈ, ਇਹੀ ਉਸ ਵਾਸਤੇ ਕਰਨ-ਜੋਗ ਕੰਮ ਹੈ । ਗੁਰੂ ਦੇ ਸਨਮੁਖ ਰਹਿਣ ਵਾਲਾ ਮਨੁੱਖ ਦਿਨ ਰਾਤ ਸਦਾ ਹੀ ਸਿਮਰਨ ਕਰਦਾ ਹੈ, ਤੇ, ਹੋਰਨਾਂ ਨੂੰ ਸਿਮਰਨ ਕਰਨ ਲਈ ਪ੍ਰੇਰਦਾ ਹੈ ।੫।

ਹੇ ਭਾਈ! ਸਦਾ-ਥਿਰ ਪ੍ਰਭੂ ਦੀ ਸਿਫ਼ਤਿ-ਸਾਲਾਹ ਵਾਲੀ ਉੱਤਮ ਬਾਣੀ ਹੀ ਗੁਰਮੁਖ (ਸਦਾ ਉਚਾਰਦਾ ਹੈ), ਉਹ ਹਰ ਵੇਲੇ ਸਦਾ-ਥਿਰ ਪ੍ਰਭੂ ਦਾ ਨਾਮ ਹੀ ਉਚਾਰਦਾ ਹੈ । ਹੇ ਭਾਈ! ਗੁਰੂ ਦੇ ਸਨਮੁਖ ਰਹਿਣ ਵਾਲੇ ਬੰਦੇ ਸਦਾ ਹੀ ਸਦਾ-ਥਿਰ ਪਰਮਾਤਮਾ ਦੀ ਸੇਵਾ-ਭਗਤੀ ਕਰਦੇ ਹਨ । ਹੇ ਭਾਈ! ਜਿਹੜਾ ਮਨੁੱਖ ਗੁਰੂ ਦੇ ਸਨਮੁਖ ਰਹਿੰਦਾ ਹੈ, ਉਹ (ਹੋਰਨਾਂ ਨੂੰ ਭੀ) ਬਾਣੀ ਹੀ ਸੁਣਾਂਦਾ ਹੈ ।੬।

ਹੇ ਭਾਈ! ਜਿਹੜਾ ਮਨੁੱਖ ਗੁਰੂ ਦੀ ਸਰਨ ਪੈਂਦਾ ਹੈ, ਉਹ ਆਤਮਕ ਜੀਵਨ ਦੀ ਸੂਝ ਪ੍ਰਾਪਤ ਕਰ ਲੈਂਦਾ ਹੈ, ਉਹ ਆਪਣੇ ਅੰਦਰੋਂ ਹਉਮੈ ਅਤੇ ਮਾਇਆ ਵਾਲੀ ਭਟਕਣਾ ਦੂਰ ਕਰ ਲੈਂਦਾ ਹੈ । ਉਹ ਮਨੁੱਖ ਪ੍ਰਭੂ-ਚਰਨਾਂ ਵਿਚ ਸੁਰਤਿ ਜੋੜ ਕੇ ਪ੍ਰਭੂ ਦੇ ਗੁਣ ਗਾਂਦਾ ਰਹਿੰਦਾ ਹੈ । ਇਹੀ ਹੈ ਗੁਰੂ ਦੀ (ਦੱਸੀ ਹੋਈ) ਉੱਚੀ ਤੇ ਉੱਤਮ ਪੌੜੀ (ਜਿਸ ਦੀ ਰਾਹੀਂ ਮਨੁੱਖ ਉੱਚੇ ਆਤਮਕ ਮੰਡਲਾਂ ਵਿਚ ਚੜ੍ਹ ਕੇ ਪ੍ਰਭੂ ਨੂੰ ਜਾ ਮਿਲਦਾ ਹੈ) ।੭।

ਹੇ ਭਾਈ! ਜਿਹੜਾ ਮਨੁੱਖ ਗੁਰੂ ਦੇ ਸਨਮੁਖ ਰਹਿੰਦਾ ਹੈ, ਉਹ ਸਦਾ-ਥਿਰ ਹਰਿ-ਨਾਮ ਸਿਮਰਦਾ ਹੈ—ਇਹੀ ਹੈ ਉਸ ਦਾ ਕਰਨ-ਜੋਗ ਕੰਮ, ਇਹੀ ਹੈ ਉਸ ਦੇ ਵਾਸਤੇ (ਵਿਕਾਰਾਂ ਤੋਂ ਬਚਣ ਲਈ) ਵਧੀਆ ਜੀਵਨ-ਜੁਗਤਿ । ਹੇ ਭਾਈ! ਗੁਰੂ ਦੇ ਸਨਮੁਖ ਰਹਿਣ ਵਾਲਾ ਮਨੁੱਖ (ਵਿਕਾਰਾਂ ਤੋਂ) ਖ਼ਲਾਸੀ ਪਾਣ ਵਾਲਾ (ਇਹ) ਦਰਵਾਜ਼ਾ ਲੱਭ ਲੈਂਦਾ ਹੈ । ਗੁਰੂ ਦੀ ਸਰਨ ਰਹਿਣ ਵਾਲਾ ਮਨੁੱਖ ਪ੍ਰਭੂ ਦੇ ਪ੍ਰੇਮ ਵਿਚ ਪ੍ਰਭੂ ਦੀ ਭਗਤੀ ਵਿਚ ਪ੍ਰਭੂ ਦੇ ਨਾਮ-ਰੰਗ ਵਿਚ ਸਦਾ ਰੰਗਿਆ ਰਹਿੰਦਾ ਹੈ, ਉਹ (ਆਪਣੇ ਅੰਦਰੋਂ) ਆਪਾ-ਭਾਵ ਦੂਰ ਕਰ ਕੇ ਪ੍ਰਭੂ ਵਿਚ ਸਮਾਇਆ ਰਹਿੰਦਾ ਹੈ ।੮।

ਗੁਰਮੁਖਿ ਹੋਵੈ ਮਨੁ ਖੋਜਿ ਸੁਣਾਏ ॥ ਸਚੈ ਨਾਮਿ ਸਦਾ ਲਿਵ ਲਾਏ ॥ ਜੋ ਤਿਸੁ ਭਾਵੈ ਸੋਈ ਕਰਸੀ ਜੋ ਸਚੇ ਮਨਿ ਭਾਇਦਾ ॥੯॥ ਜਾ ਤਿਸੁ ਭਾਵੈ ਸਤਿਗੁਰੂ ਮਿਲਾਏ ॥ ਜਾ ਤਿਸੁ ਭਾਵੈ ਤਾ ਮੰਨਿ ਵਸਾਏ ॥ ਆਪਣੈ ਭਾਣੈ ਸਦਾ ਰੰਗਿ ਰਾਤਾ ਭਾਣੈ ਮੰਨਿ ਵਸਾਇਦਾ ॥੧੦॥ ਮਨ ਹਠਿ ਕਰਮ ਕਰੇ ਸੋ ਛੀਜੈ ॥ ਬਹੁਤੇ ਭੇਖ ਕਰੇ ਨਹੀ ਭੀਜੈ ॥ ਬਿਖਿਆ ਰਾਤੇ ਦੁਖੁ ਕਮਾਵਹਿ ਦੁਖੇ ਦੁਖਿ ਸਮਾਇਦਾ ॥੧੧॥ ਗੁਰਮੁਖਿ ਹੋਵੈ ਸੁ ਸੁਖੁ ਕਮਾਏ ॥ ਮਰਣ ਜੀਵਣ ਕੀ ਸੋਝੀ ਪਾਏ ॥ ਮਰਣੁ ਜੀਵਣੁ ਜੋ ਸਮ ਕਰਿ ਜਾਣੈ ਸੋ ਮੇਰੇ ਪ੍ਰਭ ਭਾਇਦਾ ॥੧੨॥ {ਪੰਨਾ ੧੦੫੯}

ਪਦ ਅਰਥ :—ਖੋਜਿ—ਖੋਜ ਕੇ । ਸਚੈ ਨਾਮਿ—ਸਦਾ-ਥਿਰ ਹਰਿ-ਨਾਮ ਵਿਚ । ਲਿਵ—ਲਗਨ । ਤਿਸੁ—ਉਸ ਪਰਮਾਤਮਾ ਨੂੰ । ਭਾਵੈ—ਚੰਗਾ ਲੱਗਦਾ ਹੈ । ਕਰਸੀ—ਕਰੇਗਾ, ਕਰਦਾ ਹੈ । ਸਚੇ ਮਨਿ—ਸਦਾ-ਥਿਰ ਪ੍ਰਭੂ ਦੇ ਮਨ ਵਿਚ ।੯।

ਜਾ—ਜਾਂ, ਜਦੋਂ । ਮੰਨਿ—ਮਨਿ, ਮਨ ਵਿਚ । ਆਪਣੈ ਭਾਣੈ—ਆਪਣੀ ਰਜ਼ਾ ਵਿਚ । ਰੰਗਿ—ਪ੍ਰੇਮ-ਰੰਗ ਵਿਚ । ਰਾਤਾ—ਰੰਗਿਆ ਹੋਇਆ ।੧੦।

ਮਨ ਹਠਿ—ਮਨ ਦੇ ਹਠ ਨਾਲ । ਛੀਜੈ—ਛਿੱਜਦਾ ਜਾਂਦਾ ਹੈ, (ਆਤਮਕ ਜੀਵਨ ਵੱਲੋਂ) ਕਮਜ਼ੋਰ ਹੁੰਦਾ ਜਾਂਦਾ ਹੈ । ਭੇਖ—ਧਾਰਮਿਕ ਪਹਿਰਾਵੇ । ਬਿਖਿਆ—ਮਾਇਆ । ਦੁਖੇ ਦੁਖਿ—ਨਿਰੇ ਦੁੱਖ ਵਿਚ ਹੀ ।੧੧।

ਸੁਖੁ—ਆਤਮਕ ਆਨੰਦ । ਕਮਾਏ—ਖੱਟਦਾ ਹੈ । ਸਮ—ਬਰਾਬਰ ।੧੨।

ਅਰਥ :—ਹੇ ਭਾਈ! ਜਿਹੜਾ ਮਨੁੱਖ ਗੁਰੂ ਦੀ ਸਰਨ ਪੈਂਦਾ ਹੈ, ਉਹ ਸਦਾ-ਥਿਰ ਹਰਿ-ਨਾਮ ਵਿਚ ਸਦਾ ਆਪਣੀ ਸੁਰਤਿ ਜੋੜੀ ਰੱਖਦਾ ਹੈ । ਉਹ ਮਨੁੱਖ (ਆਪਣੇ) ਮਨ ਨੂੰ ਖੋਜ ਕੇ (ਇਹ ਨਿਸ਼ਚਾ ਬਣਾਂਦਾ ਹੈ, ਤੇ ਹੋਰਨਾਂ ਨੂੰ ਭੀ ਇਹ) ਸੁਣਾਂਦਾ ਹੈ ਕਿ ਜੋ ਕੁਝ ਉਸ ਪਰਮਾਤਮਾ ਨੂੰ ਚੰਗਾ ਲੱਗਦਾ ਹੈ, ਉਹੀ ਕੁਝ ਉਹ ਕਰਦਾ ਹੈ, (ਜਗਤ ਵਿਚ ਉਹੀ ਕੁਝ ਉਹ ਹੈ) ਜੋ ਉਸ ਸਦਾ ਕਾਇਮ ਰਹਿਣ ਵਾਲੇ ਪਰਮਾਤਮਾ ਦੇ ਮਨ ਵਿਚ ਭਾ ਜਾਂਦਾ ਹੈ ।੯।

ਹੇ ਭਾਈ! (ਗੁਰਮੁਖਿ ਮਨੁੱਖ ਹੋਰਨਾਂ ਨੂੰ ਭੀ ਇਹੀ ਸੁਣਾਂਦਾ ਹੈ ਕਿ) ਜਦੋਂ ਪਰਮਾਤਮਾ ਦੀ ਰਜ਼ਾ ਹੁੰਦੀ ਹੈ ਤਦੋਂ ਉਹ ਮਨੁੱਖ ਨੂੰ ਗੁਰੂ ਮਿਲਾਂਦਾ ਹੈ, ਤਦੋਂ ਉਸ ਦੇ ਮਨ ਵਿਚ (ਆਪਣਾ ਨਾਮ) ਵਸਾਂਦਾ ਹੈ । ਜਿਸ ਮਨੁੱਖ ਨੂੰ ਪਰਮਾਤਮਾ ਆਪਣੀ ਰਜ਼ਾ ਵਿਚ ਰੱਖਦਾ ਹੈ, ਉਹ ਮਨੁੱਖ ਸਦਾ ਉਸ ਪ੍ਰੇਮ-ਰੰਗ ਵਿਚ ਰੰਗਿਆ ਰਹਿੰਦਾ ਹੈ । (ਹੇ ਭਾਈ! ਗੁਰਮੁਖ ਇਹ ਯਕੀਨ ਬਣਾਂਦਾ ਹੈ ਕਿ) ਪ੍ਰਭੂ ਆਪਣੀ ਰਜ਼ਾ ਅਨੁਸਾਰ ਹੀ (ਆਪਣਾ ਨਾਮ) ਮਨੁੱਖ ਦੇ ਮਨ ਵਿਚ ਵਸਾਂਦਾ ਹੈ ।੧੦।

ਹੇ ਭਾਈ! ਜਿਹੜਾ ਮਨੁੱਖ ਮਨ ਦੇ ਹਠ ਨਾਲ (ਹੀ ਮਿਥੇ ਹੋਏ ਧਾਰਮਿਕ) ਕਰਮ ਕਰਦਾ ਹੈ ਉਹ (ਆਤਮਕ ਜੀਵਨ ਵਲੋਂ) ਕਮਜ਼ੋਰ ਹੁੰਦਾ ਜਾਂਦਾ ਹੈ (ਅਜਿਹਾ ਮਨੁੱਖ) ਧਾਰਮਿਕ ਪਹਿਰਾਵੇ ਤਾਂ ਬਥੇਰੇ ਕਰਦਾ ਹੈ, ਪਰ (ਇਸ ਤਰ੍ਹਾਂ ਉਸ ਦਾ ਮਨ ਪ੍ਰਭੂ ਦੇ ਪਿਆਰ ਵਿਚ) ਭਿੱਜਦਾ ਨਹੀਂ ਹੈ ।

ਹੇ ਭਾਈ! ਮਾਇਆ ਦੇ ਮੋਹ ਵਿਚ ਮਸਤ ਮਨੁੱਖ (ਜਿਹੜੇ ਭੀ ਕਰਮ ਕਰਨ, ਉਹ ਉਹਨਾਂ ਵਿਚੋਂ) ਦੁੱਖ (ਹੀ) ਖੱਟਦੇ ਹਨ । (ਹੇ ਭਾਈ! ਮਾਇਆ ਦੇ ਮੋਹ ਦੇ ਕਾਰਨ ਮਨੁੱਖ) ਹਰ ਵੇਲੇ ਦੁੱਖ ਵਿਚ ਹੀ ਫਸਿਆ ਰਹਿੰਦਾ ਹੈ ।੧੧।

ਹੇ ਭਾਈ! ਜਿਹੜਾ ਮਨੁੱਖ ਗੁਰੂ ਦੀ ਸਰਨ ਪੈਂਦਾ ਹੈ, ਉਹ (ਆਪਣੇ ਉੱਦਮਾਂ ਦੀ ਰਾਹੀਂ) ਆਤਮਕ ਆਨੰਦ ਖੱਟਦਾ ਹੈ, ਉਹ ਮਨੁੱਖ ਇਹ ਸਮਝ ਲੈਂਦਾ ਹੈ ਕਿ ਆਤਮਕ ਮੌਤ ਕੀਹ ਹੈ ਤੇ ਆਤਮਕ ਜੀਵਨ ਕੀਹ ਹੈ । ਹੇ ਭਾਈ! ਜਿਹੜਾ ਮਨੁੱਖ ਮੌਤ ਅਤੇ ਜੀਵਨ ਨੂੰ (ਪਰਮਾਤਮਾ ਦੀ ਰਜ਼ਾ ਵਿਚ ਵਰਤਦਾ ਵੇਖ ਕੇ) ਇਕੋ ਜਿਹਾ ਸਮਝਦਾ ਹੈ (ਨਾਹ ਜੀਵਨ ਦੀ ਲਾਲਸਾ, ਨਾਹ ਮੌਤ ਤੋਂ ਡਰ), ਉਹ ਮਨੁੱਖ ਮੇਰੇ ਪਰਮਾਤਮਾ ਨੂੰ ਪਿਆਰਾ ਲੱਗਦਾ ਹੈ ।੧੨।

ਗੁਰਮੁਖਿ ਮਰਹਿ ਸੁਹਹਿ ਪਰਵਾਣੁ ॥ ਆਵਣ ਜਾਣਾ ਸਬਦੁ ਪਛਾਣੁ ॥ ਮਰੈ ਨ ਜੰਮੈ ਨਾ ਦੁਖੁ ਪਾਏ ਮਨ ਹੀ ਮਨਹਿ ਸਮਾਇਦਾ ॥੧੩॥ ਸੇ ਵਡਭਾਗੀ ਜਿਨੀ ਸਤਿਗੁਰੁ ਪਾਇਆ ॥ ਹਉਮੈ ਵਿਚਹੁ ਮੋਹੁ ਚੁਕਾਇਆ ॥ ਮਨੁ ਨਿਰਮਲੁ ਫਿਰਿ ਮੈਲੁ ਨ ਲਾਗੈ ਦਰਿ ਸਚੈ ਸੋਭਾ ਪਾਇਦਾ ॥੧੪॥ ਆਪੇ ਕਰੇ ਕਰਾਏ ਆਪੇ ॥ ਆਪੇ ਵੇਖੈ ਥਾਪਿ ਉਥਾਪੇ ॥ ਗੁਰਮੁਖਿ ਸੇਵਾ ਮੇਰੇ ਪ੍ਰਭ ਭਾਵੈ ਸਚੁ ਸੁਣਿ ਲੇਖੈ ਪਾਇਦਾ ॥੧੫॥ ਗੁਰਮੁਖਿ ਸਚੋ ਸਚੁ ਕਮਾਵੈ ॥ ਗੁਰਮੁਖਿ ਨਿਰਮਲੁ ਮੈਲੁ ਨ ਲਾਵੈ ॥ ਨਾਨਕ ਨਾਮਿ ਰਤੇ ਵੀਚਾਰੀ ਨਾਮੇ ਨਾਮਿ ਸਮਾਇਦਾ ॥੧੬॥੧॥੧੫॥ {ਪੰਨਾ ੧੦੫੯}

ਪਦ ਅਰਥ :—ਮਰਹਿ—ਮਰਦੇ ਹਨ, ਆਪਾ-ਭਾਵ ਮਿਟਾਂਦੇ ਹਨ । ਸੁਹਹਿ—ਸੋਭਦੇ ਹਨ, ਆਤਮਕ ਜੀਵਨ ਸੋਹਣਾ ਬਣਾ ਲੈਂਦੇ ਹਨ । ਪਰਵਾਣੁ—(ਪ੍ਰਭੂ ਦੀ ਹਜ਼ੂਰੀ ਵਿਚ) ਕਬੂਲ । ਆਵਣ ਜਾਣਾ—ਜੰਮਣਾ ਮਰਨਾ । ਸਬਦੁ—(ਪਰਮਾਤਮਾ ਦਾ) ਹੁਕਮ । ਪਛਾਣੁ—ਸਮਝ । ਮਨ ਹੀ—ਮਨਿ ਹੀ, ਮਨ ਵਿਚ ਹੀ {ਕ੍ਰਿਆ ਵਿਸ਼ੇਸ਼ਣ 'ਹੀ' ਦੇ ਕਾਰਨ ਲਫ਼ਜ਼ 'ਮਨਿ' ਦੀ 'ਿ' ਉੱਡ ਗਈ ਹੈ} । ਮਨਹਿ—ਮਨਿ ਹੀ, ਮਨ ਵਿਚ ਹੀ ।੧੩।

ਸੇ—ਉਹ {ਬਹੁ-ਵਚਨ} । ਚੁਕਾਇਆ—ਦੂਰ ਕਰ ਲਿਆ । ਦਰਿ ਸਚੈ—ਸਦਾ-ਥਿਰ ਪ੍ਰਭੂ ਦੇ ਦਰ ਤੇ ।੧੪।

ਥਾਪਿ—ਪੈਦਾ ਕਰ ਕੇ । ਉਥਾਪੇ—ਨਾਸ ਕਰਦਾ ਹੈ । ਪ੍ਰਭ ਭਾਵੈ—ਪ੍ਰਭੂ ਨੂੰ ਚੰਗੀ ਲੱਗਦੀ ਹੈ । ਸਚੁ—ਸਦਾ-ਥਿਰ ਹਰਿ-ਨਾਮ । ਸੁਣਿ—ਸੁਣ ਕੇ । ਲੇਖੈ—ਲੇਖੇ ਵਿਚ । ਲੇਖੈ ਪਾਇਦਾ—ਪਰਵਾਨ ਕਰਦਾ ਹੈ ।੧੫।

ਸਚੋ ਸਚੁ—ਸੱਚ ਹੀ ਸੱਚ, ਸਦਾ ਹੀ ਹਰਿ-ਨਾਮ ਦਾ ਸਿਮਰਨ । ਨਾਮਿ—ਨਾਮ ਵਿਚ । ਵੀਚਾਰੀ—ਵਿਚਾਰਵਾਨ । ਨਾਮੇ ਨਾਮਿ—ਸਦਾ ਹੀ ਹਰਿ-ਨਾਮ ਵਿਚ ।੧੬।

ਅਰਥ :—ਹੇ ਭਾਈ! ਗੁਰੂ ਦੇ ਸਨਮੁਖ ਹੋ ਕੇ ਜਿਹੜੇ ਮਨੁੱਖ (ਆਪਣੇ ਅੰਦਰੋਂ) ਆਪਾ-ਭਾਵ ਦੂਰ ਕਰਦੇ ਹਨ, ਉਹ ਸੋਹਣੇ ਆਤਮਕ ਜੀਵਨ ਵਾਲੇ ਬਣ ਜਾਂਦੇ ਹਨ ਉਹ ਪ੍ਰਭੂ ਦੀ ਹਜ਼ੂਰੀ ਵਿਚ ਕਬੂਲ ਹੁੰਦੇ ਹਨ (ਉਹ ਜੰਮਣ ਮਰਨ ਨੂੰ ਪਰਮਾਤਮਾ ਦਾ ਹੁਕਮ ਸਮਝਦੇ ਹਨ) । ਹੇ ਭਾਈ! ਤੂੰ ਭੀ ਜੰਮਣ ਮਰਨ ਨੂੰ ਪ੍ਰਭੂ ਦਾ ਹੁਕਮ ਹੀ ਸਮਝ । (ਜਿਹੜਾ ਮਨੁੱਖ ਇਉਂ ਯਕੀਨ ਬਣਾਂਦਾ ਹੈ) ਉਹ ਜਨਮ ਮਰਨ ਦੇ ਗੇੜ ਵਿਚ ਨਹੀਂ ਪੈਂਦਾ, ਉਹ (ਇਹ) ਦੁੱਖ ਨਹੀਂ ਪਾਂਦਾ, ਉਹ (ਬਾਹਰ ਭਟਕਣ ਦੇ ਥਾਂ) ਸਦਾ ਹੀ ਅੰਤਰ ਆਤਮੇ ਟਿਕਿਆ ਰਹਿੰਦਾ ਹੈ ।੧੩।

ਹੇ ਭਾਈ! ਉਹ ਮਨੁੱਖ ਭਾਗਾਂ ਵਾਲੇ ਹਨ, ਜਿਨ੍ਹਾਂ ਨੂੰ ਗੁਰੂ ਮਿਲ ਪਿਆ । ਉਹ ਆਪਣੇ ਅੰਦਰੋਂ ਹਉਮੈ ਅਤੇ ਮਾਇਆ ਦਾ ਮੋਹ ਦੂਰ ਕਰ ਲੈਂਦੇ ਹਨ । ਹੇ ਭਾਈ! ਜਿਸ ਮਨੁੱਖ ਦਾ ਮਨ ਪਵਿੱਤਰ ਹੋ ਜਾਂਦਾ ਹੈ, ਜਿਸ ਦੇ ਮਨ ਨੂੰ ਮੁੜ ਵਿਕਾਰਾਂ ਦੀ ਮੈਲ ਨਹੀਂ ਲੱਗਦੀ, ਉਹ ਮਨੁੱਖ ਸਦਾ-ਥਿਰ ਪ੍ਰਭੂ ਦੇ ਦਰ ਤੇ ਆਦਰ ਪਾਂਦਾ ਹੈ ।੧੪।

ਹੇ ਭਾਈ! ਪ੍ਰਭੂ ਆਪ ਹੀ (ਸਭ ਕੁਝ) ਕਰਦਾ ਹੈ, ਆਪ ਹੀ (ਜੀਵਾਂ ਪਾਸੋਂ) ਕਰਾਂਦਾ ਹੈ । ਆਪ ਹੀ (ਸਭ ਦੀ) ਸੰਭਾਲ ਕਰਦਾ ਹੈ, ਆਪ ਹੀ ਪੈਦਾ ਕਰ ਕੇ ਨਾਸ ਕਰਦਾ ਹੈ । ਹੇ ਭਾਈ! ਗੁਰੂ ਦੇ ਸਨਮੁਖ ਹੋ ਕੇ ਕੀਤੀ ਹੋਈ ਸੇਵਾ-ਭਗਤੀ ਪ੍ਰਭੂ ਨੂੰ ਪਿਆਰੀ ਲੱਗਦੀ ਹੈ, (ਜੀਵ ਪਾਸੋਂ) ਹਰਿ-ਨਾਮ ਦਾ ਸਿਮਰਨ ਸੁਣ ਕੇ ਪਰਮਾਤਮਾ (ਉਸ ਦੀ ਇਹ ਮਿਹਨਤ ਪਰਵਾਨ ਕਰਦਾ ਹੈ ।੧੫।

ਹੇ ਭਾਈ! ਗੁਰੂ ਦੇ ਸਨਮੁਖ ਰਹਿਣ ਵਾਲਾ ਮਨੁੱਖ ਸਦਾ ਹਰਿ-ਨਾਮ ਸਿਮਰਨ ਦੀ ਕਮਾਈ ਕਰਦਾ ਹੈ । ਉਸ ਦਾ ਮਨ ਪਵਿਤਰ ਹੋ ਜਾਂਦਾ ਹੈ, ਉਸ ਨੂੰ ਵਿਕਾਰਾਂ ਦੀ ਮੈਲ ਨਹੀਂ ਲੱਗਦੀ । ਹੇ ਨਾਨਕ! ਜਿਹੜੇ ਮਨੁੱਖ ਹਰਿ-ਨਾਮ ਵਿਚ ਮਸਤ ਰਹਿੰਦੇ ਹਨ, ਉਹ ਆਤਮਕ ਜੀਵਨ ਦੀ ਸੂਝ ਵਾਲੇ ਹੋ ਜਾਂਦੇ ਹਨ । (ਆਤਮਕ ਜੀਵਨ ਦੀ ਸੂਝ ਵਾਲਾ ਮਨੁੱਖ) ਸਦਾ ਹਰਿ-ਨਾਮ ਵਿਚ ਹੀ ਲੀਨ ਰਹਿੰਦਾ ਹੈ ।੧੬।੧।੧੫।

ਮਾਰੂ ਮਹਲਾ ੩ ॥ ਆਪੇ ਸ੍ਰਿਸਟਿ ਹੁਕਮਿ ਸਭ ਸਾਜੀ ॥ ਆਪੇ ਥਾਪਿ ਉਥਾਪਿ ਨਿਵਾਜੀ ॥ ਆਪੇ ਨਿਆਉ ਕਰੇ ਸਭੁ ਸਾਚਾ ਸਾਚੇ ਸਾਚਿ ਮਿਲਾਇਦਾ ॥੧॥ ਕਾਇਆ ਕੋਟੁ ਹੈ ਆਕਾਰਾ ॥ ਮਾਇਆ ਮੋਹੁ ਪਸਰਿਆ ਪਾਸਾਰਾ ॥ ਬਿਨੁ ਸਬਦੈ ਭਸਮੈ ਕੀ ਢੇਰੀ ਖੇਹੂ ਖੇਹ ਰਲਾਇਦਾ ॥੨॥ ਕਾਇਆ ਕੰਚਨ ਕੋਟੁ ਅਪਾਰਾ ॥ ਜਿਸੁ ਵਿਚਿ ਰਵਿਆ ਸਬਦੁ ਅਪਾਰਾ ॥ ਗੁਰਮੁਖਿ ਗਾਵੈ ਸਦਾ ਗੁਣ ਸਾਚੇ ਮਿਲਿ ਪ੍ਰੀਤਮ ਸੁਖੁ ਪਾਇਦਾ ॥੩॥ ਕਾਇਆ ਹਰਿ ਮੰਦਰੁ ਹਰਿ ਆਪਿ ਸਵਾਰੇ ॥ ਤਿਸੁ ਵਿਚਿ ਹਰਿ ਜੀਉ ਵਸੈ ਮੁਰਾਰੇ ॥ ਗੁਰ ਕੈ ਸਬਦਿ ਵਣਜਨਿ ਵਾਪਾਰੀ ਨਦਰੀ ਆਪਿ ਮਿਲਾਇਦਾ ॥੪॥ {ਪੰਨਾ ੧੦੫੯}

ਪਦ ਅਰਥ :—ਆਪੇ—ਆਪ ਹੀ । ਹੁਕਮਿ—ਹੁਕਮ ਨਾਲ । ਸਭ—ਸਾਰੀ । ਥਾਪਿ—ਪੈਦਾ ਕਰ ਕੇ । ਉਥਾਪਿ—ਉਥਾਪੇ, ਨਾਸ ਕਰਦਾ ਹੈ । ਨਿਵਾਜੀ—ਸੋਹਣੀ ਬਣਾਈ ਹੈ । ਸਾਚਿ—ਸਦਾ-ਥਿਰ ਹਰਿ-ਨਾਮ ਵਿਚ ।੧।

ਕੋਟੁ—ਕਿਲ੍ਹਾ । ਆਕਾਰਾ—(ਪਰਮਾਤਮਾ ਦਾ) ਸਰਗੁਣ ਰੂਪ । ਭਸਮ—ਸੁਆਹ । ਖੇਹੂ ਖੇਹ—ਖੇਹ ਵਿਚ ਹੀ ।੨।

ਕੰਚਨ ਕੋਟੁ—ਸੋਨੇ ਦਾ ਕਿਲ੍ਹਾ । ਅਪਾਰਾ—ਬੇਅੰਤ ਪ੍ਰਭੂ ਦਾ । ਰਵਿਆ—ਮੌਜੂਦ ਹੈ । ਸਬਦੁ ਅਪਾਰਾ—ਬੇਅੰਤ ਪ੍ਰਭੂ ਦੀ ਸਿਫ਼ਤਿ-ਸਾਲਾਹ ਦੀ ਬਾਣੀ । ਗੁਣ ਸਾਚੇ—ਸਦਾ-ਥਿਰ ਪ੍ਰਭੂ ਦੇ ਗੁਣ । ਮਿਲਿ ਪ੍ਰੀਤਮ—ਪ੍ਰੀਤਮ ਨੂੰ ਮਿਲ ਕੇ ।੩।

ਹਰਿ ਮੰਦਰੁ—ਹਰੀ ਦਾ ਮੰਦਰ, ਹਰੀ ਦਾ ਘਰ । ਸਵਾਰੇ—ਸੋਹਣਾ ਬਣਾਂਦਾ ਹੈ । ਮੁਰਾਰੇ—{ਮੁਰ—ਅਰਿ । ਮੁਰ ਦੈਂਤ ਦਾ ਵੈਰੀ} ਪਰਮਾਤਮਾ । ਕੈ

ਸਬਦਿ—ਦੇ ਸ਼ਬਦ ਦੀ ਰਾਹੀਂ । ਵਣਜਨਿ—ਵਣਜ ਕਰਦੇ ਹਨ, ਵਿਹਾਝਦੇ ਹਨ । ਨਦਰੀ—ਮਿਹਰ ਦੀ ਨਿਗਾਹ ਨਾਲ ।੪।

ਅਰਥ :—ਹੇ ਭਾਈ! ਪਰਮਾਤਮਾ ਨੇ ਆਪ ਹੀ ਇਹ ਸਾਰੀ ਸ੍ਰਿਸ਼ਟੀ ਆਪਣੇ ਹੁਕਮ ਨਾਲ ਪੈਦਾ ਕੀਤੀ ਹੋਈ ਹੈ । ਪਰਮਾਤਮਾ ਆਪ ਹੀ (ਜੀਵਾਂ ਨੂੰ) ਪੈਦਾ ਕਰ ਕੇ (ਆਪ ਹੀ) ਨਾਸ ਕਰਦਾ ਹੈ (ਆਪ ਹੀ ਜੀਵਾਂ ਉਤੇ) ਮਿਹਰ ਕਰਦਾ ਹੈ । ਪ੍ਰਭੂ ਆਪ ਹੀ ਇਹ ਸਾਰਾ ਆਪਣਾ ਅਟੱਲ ਨਿਆਂ ਕਰਦਾ ਹੈ, ਆਪ ਹੀ (ਜੀਵ ਨੂੰ ਆਪਣੇ) ਸਦਾ-ਥਿਰ ਨਾਮ ਵਿਚ ਜੋੜੀ ਰੱਖਦਾ ਹੈ ।੧।

ਹੇ ਭਾਈ! (ਇਹ ਮਨੁੱਖਾ) ਸਰੀਰ (ਮਾਨੋ ਇਕ) ਕਿਲ੍ਹਾ ਹੈ, ਇਹ ਪਰਮਾਤਮਾ ਦਾ ਦਿੱਸਦਾ-ਸਰੂਪ ਹੈ, (ਪਰ ਜੇ ਇਸ ਵਿਚ) ਮਾਇਆ ਦਾ ਮੋਹ (ਹੀ ਪ੍ਰਬਲ ਹੈ, ਜੇ ਇਸ ਵਿਚ ਮਾਇਆ ਦੇ ਮੋਹ ਦਾ ਹੀ) ਖਿਲਾਰਾ ਖਿਲਰਿਆ ਹੋਇਆ ਹੈ, ਤਾਂ ਪ੍ਰਭੂ ਦੀ ਸਿਫ਼ਤਿ-ਸਾਲਾਹ ਤੋਂ ਬਿਨਾ (ਇਹ ਸਰੀਰ) ਸੁਆਹ ਦੀ ਢੇਰੀ ਹੀ ਹੈ, (ਮਨੁੱਖ ਹਰਿ-ਨਾਮ ਤੋਂ ਵਾਂਜਿਆ ਰਹਿ ਕੇ ਇਸ ਸਰੀਰ ਨੂੰ) ਮਿੱਟੀ-ਖੇਹ ਵਿਚ ਹੀ ਰੋਲ ਦੇਂਦਾ ਹੈ ।੨।

ਹੇ ਭਾਈ! ਜਿਸ ਸਰੀਰ ਵਿਚ ਬੇਅੰਤ ਪਰਮਾਤਮਾ ਦੀ ਸਿਫ਼ਤਿ-ਸਾਲਾਹ ਦੀ ਬਾਣੀ ਹਰ ਵੇਲੇ ਮੌਜੂਦ ਹੈ, ਉਹ (ਮਨੁੱਖਾ) ਸਰੀਰ ਬੇਅੰਤ ਪਰਮਾਤਮਾ ਦੇ ਰਹਿਣ ਵਾਸਤੇ (ਮਾਨੋ) ਸੋਨੇ ਦਾ ਕਿਲ੍ਹਾ ਹੈ । ਗੁਰੂ ਦੇ ਸਨਮੁਖ ਰਹਿਣ ਵਾਲਾ ਮਨੁੱਖ (ਇਹ ਸਰੀਰ ਦੀ ਰਾਹੀਂ) ਸਦਾ-ਥਿਰ ਪਰਮਾਤਮਾ ਦੇ ਗੁਣ ਸਦਾ ਗਾਂਦਾ ਹੈ, ਉਹ ਪ੍ਰੀਤਮ ਪ੍ਰਭੂ ਨੂੰ ਮਿਲ ਕੇ ਆਤਮਕ ਆਨੰਦ ਮਾਣਦਾ ਹੈ ।੩।

ਹੇ ਭਾਈ! ਇਹ ਮਨੁੱਖਾ ਸਰੀਰ ਪਰਮਾਤਮਾ ਦਾ (ਪਵਿੱਤਰ) ਘਰ ਹੈ, ਪਰਮਾਤਮਾ ਇਸ ਨੂੰ ਆਪ ਹੀ ਸੋਹਣਾ ਬਣਾਂਦਾ ਹੈ, ਇਸ ਵਿਚ ਵਿਚਾਰ-ਦੈਂਤਾਂ ਦੇ ਮਾਰਨ ਵਾਲਾ ਪ੍ਰਭੂ ਆਪ ਵੱਸਦਾ ਹੈ । ਹੇ ਭਾਈ! ਜਿਹੜੇ ਜੀਵ-ਵਣਜਾਰੇ (ਇਸ ਸਰੀਰ ਵਿਚ) ਗੁਰੂ ਦੇ ਸ਼ਬਦ ਦੀ ਰਾਹੀਂ ਹਰਿ-ਨਾਮ ਦਾ ਵਣਜ ਕਰਦੇ ਹਨ, ਪ੍ਰਭੂ ਮਿਹਰ ਦੀ ਨਿਗਾਹ ਨਾਲ ਉਹਨਾਂ ਨੂੰ (ਆਪਣੇ ਨਾਲ) ਮਿਲਾ ਲੈਂਦਾ ਹੈ ।੪।

ਸੋ ਸੂਚਾ ਜਿ ਕਰੋਧੁ ਨਿਵਾਰੇ ॥ ਸਬਦੇ ਬੂਝੈ ਆਪੁ ਸਵਾਰੇ ॥ ਆਪੇ ਕਰੇ ਕਰਾਏ ਕਰਤਾ ਆਪੇ ਮੰਨਿ ਵਸਾਇਦਾ ॥੫॥ ਨਿਰਮਲ ਭਗਤਿ ਹੈ ਨਿਰਾਲੀ ॥ ਮਨੁ ਤਨੁ ਧੋਵਹਿ ਸਬਦਿ ਵੀਚਾਰੀ ॥ ਅਨਦਿਨੁ ਸਦਾ ਰਹੈ ਰੰਗਿ ਰਾਤਾ ਕਰਿ ਕਿਰਪਾ ਭਗਤਿ ਕਰਾਇਦਾ ॥੬॥ ਇਸੁ ਮਨ ਮੰਦਰ ਮਹਿ ਮਨੂਆ ਧਾਵੈ ॥ ਸੁਖੁ ਪਲਰਿ ਤਿਆਗਿ ਮਹਾ ਦੁਖੁ ਪਾਵੈ ॥ ਬਿਨੁ ਸਤਿਗੁਰ ਭੇਟੇ ਠਉਰ ਨ ਪਾਵੈ ਆਪੇ ਖੇਲੁ ਕਰਾਇਦਾ ॥੭॥ ਆਪਿ ਅਪਰੰਪਰੁ ਆਪਿ ਵੀਚਾਰੀ ॥ ਆਪੇ ਮੇਲੇ ਕਰਣੀ ਸਾਰੀ ॥ ਕਿਆ ਕੋ ਕਾਰ ਕਰੇ ਵੇਚਾਰਾ ਆਪੇ ਬਖਸਿ ਮਿਲਾਇਦਾ ॥੮॥ {ਪੰਨਾ ੧੦੫੯-੧੦੬੦}

ਪਦ ਅਰਥ :—ਸੂਚਾ—ਸੁੱਚਾ, ਸੁੱਚੇ ਹਿਰਦੇ ਵਾਲਾ । ਜਿ—ਜਿਹੜਾ ਮਨੁੱਖ । ਨਿਵਾਰੇ—ਦੂਰ ਕਰਦਾ ਹੈ । ਸਬਦੇ—ਸਬਦਿ, ਗੁਰੂ ਦੇ ਸ਼ਬਦ ਦੀ ਰਾਹੀਂ । ਬੂਝੈ—(ਆਤਮਕ ਜੀਵਨ ਨੂੰ) ਸਮਝਦਾ ਹੈ । ਆਪੁ—ਆਪਣੇ ਆਪ ਨੂੰ, ਆਪਣੇ ਆਤਮਕ ਜੀਵਨ ਨੂੰ । ਆਪੇ—ਆਪ ਹੀ । ਮੰਨਿ—ਮਨਿ, ਮਨ ਵਿਚ ।੫।

ਨਿਰਮਲ—(ਜੀਵਨ ਨੂੰ) ਪਵਿੱਤਰ ਕਰਨ ਵਾਲੀ । ਨਿਰਾਲੀ—ਅਨੋਖੀ (ਦਾਤਿ) । ਧੋਵਹਿ—ਧੋਂਦੇ ਹਨ {ਬਹੁ-ਵਚਨ} । ਵੀਚਾਰੀ—ਵਿਚਾਰਵਾਨ, ਸੁੰਦਰ ਵਿਚਾਰ ਦੇ ਮਾਲਕ । ਅਨਦਿਨੁ—{ਅਨੁਦਿਨਾਜ਼} ਹਰ ਰੋਜ਼, ਹਰ ਵੇਲੇ । ਰੰਗਿ—ਪ੍ਰੇਮ-ਰੰਗ ਵਿਚ । ਰਾਤਾ—ਰੰਗਿਆ ਹੋਇਆ ।੬।

ਮਨ ਮੰਦਰ ਮਹਿ—ਮਨ ਦੇ ਮੰਦਰ ਵਿਚ, ਸਰੀਰ ਵਿਚ । ਧਾਵੈ—ਭਟਕਦਾ ਫਿਰਦਾ ਹੈ । ਸੁਖੁ—ਆਤਮਕ ਆਨੰਦ । ਪਲਰਿ—ਪਰਾਲੀ ਦੇ ਵੱਟੇ । ਤਿਆਗਿ—ਤਿਆਗ ਕੇ । ਬਿਨੁ ਭੇਟੇ—ਮਿਲਣ ਤੋਂ ਬਿਨਾ । ਠਉਰ—ਟਿਕਾਣਾ, ਸ਼ਾਂਤੀ ।੭।

ਅਪਰੰਪਰੁ—ਪਰੇ ਤੋਂ ਪਰੇ ਪਰਮਾਤਮਾ, ਬੇਅੰਤ ਪ੍ਰਭੂ । ਵੀਚਾਰੀ—ਆਤਮਕ ਜੀਵਨ ਦੀ ਵਿਚਾਰ ਬਖ਼ਸ਼ਣ ਵਾਲਾ । ਸਾਰੀ—ਸ੍ਰੇਸ਼ਟ । ਕਰਣੀ—ਕਰਨ-ਜੋਗ ਕੰਮ । ਕੋ—ਕੋਈ ਜੀਵ । ਕਿਆ ਕਾਰ ਕਰੇ—ਕਿਹੜੀ ਕਾਰ ਕਰ ਸਕਦਾ ਹੈ? ਬਖਸਿ—ਮਿਹਰ ਕਰ ਕੇ ।੮।

ਅਰਥ :—ਹੇ ਭਾਈ! ਜਿਹੜਾ ਮਨੁੱਖ (ਆਪਣੇ ਅੰਦਰੋਂ) ਕ੍ਰੋਧ ਦੂਰ ਕਰ ਲੈਂਦਾ ਹੈ, ਉਹ ਪਵਿੱਤਰ ਹਿਰਦੇ ਵਾਲਾ ਬਣ ਜਾਂਦਾ ਹੈ । ਉਹ ਮਨੁੱਖ ਗੁਰੂ ਦੇ ਸ਼ਬਦ ਦੀ ਬਰਕਤਿ ਨਾਲ (ਆਤਮਕ ਜੀਵਨ ਨੂੰ) ਸਮਝ ਲੈਂਦਾ ਹੈ, ਤੇ, ਆਪਣੇ ਜੀਵਨ ਨੂੰ ਸੰਵਾਰ ਲੈਂਦਾ ਹੈ । (ਪਰ, ਹੇ ਭਾਈ! ਇਹ ਉਸ ਦੀ ਆਪਣੀ ਹੀ ਮਿਹਰ ਹੈ) ਪ੍ਰਭੂ ਆਪ ਹੀ (ਜੀਵ ਦੇ ਅੰਦਰ ਬੈਠਾ ਇਹ ਉੱਦਮ) ਕਰਦਾ ਹੈ, (ਜੀਵ ਪਾਸੋਂ) ਕਰਤਾਰ ਆਪ ਹੀ (ਇਹ ਕੰਮ) ਕਰਾਂਦਾ ਹੈ, ਆਪ ਹੀ (ਉਸ ਦੇ) ਮਨ ਵਿਚ (ਆਪਣਾ ਨਾਮ) ਵਸਾਂਦਾ ਹੈ ।੫।

ਹੇ ਭਾਈ! ਪਰਮਾਤਮਾ ਦੀ ਭਗਤੀ (ਜੀਵਨ ਨੂੰ) ਪਵਿੱਤਰ ਕਰਨ ਵਾਲੀ (ਇਕ) ਅਨੋਖੀ (ਦਾਤਿ) ਹੈ । ਗੁਰੂ ਦੇ ਸ਼ਬਦ ਵਿਚ ਜੁੜ ਕੇ (ਭਗਤੀ ਦੇ ਅੰਮ੍ਰਿਤ ਨਾਲ ਜਿਹੜੇ ਮਨੁੱਖ ਆਪਣਾ) ਮਨ ਤਨ ਧੋਂਦੇ ਹਨ, ਉਹ ਸੁੰਦਰ ਵਿਚਾਰ ਦੇ ਮਾਲਕ ਬਣ ਜਾਂਦੇ ਹਨ । (ਇਸ ਭਗਤੀ ਦੀ ਰਾਹੀਂ) ਮਨੁੱਖ ਹਰ ਵੇਲੇ ਸਦਾ ਹੀ ਪਰਮਾਤਮਾ ਦੇ ਪ੍ਰੇਮ-ਰੰਗ ਵਿਚ ਰੰਗਿਆ ਰਹਿ ਸਕਦਾ ਹੈ । (ਪਰ ਇਹ ਉਸ ਦੀ ਮਿਹਰ ਹੀ ਹੈ) ਪਰਮਾਤਮਾ ਕਿਰਪਾ ਕਰ ਕੇ (ਆਪ ਹੀ ਜੀਵ ਪਾਸੋਂ ਆਪਣੀ) ਭਗਤੀ ਕਰਾਂਦਾ ਹੈ ।੬।

ਹੇ ਭਾਈ! (ਮਨੁੱਖ ਦੇ) ਇਸ ਸਰੀਰ ਵਿਚ (ਰਹਿਣ ਵਾਲਾ) ਚੰਚਲ ਮਨ (ਹਰ ਵੇਲੇ) ਭਟਕਦਾ ਫਿਰਦਾ ਹੈ, (ਵਿਕਾਰਾਂ ਦੀ) ਪਰਾਲੀ ਦੀ ਖ਼ਾਤਰ ਆਤਮਕ ਆਨੰਦ ਨੂੰ ਤਿਆਗ ਕੇ ਬੜਾ ਦੁੱਖ ਪਾਂਦਾ ਹੈ । ਗੁਰੂ ਨੂੰ ਮਿਲਣ ਤੋਂ ਬਿਨਾ ਇਸ ਨੂੰ ਸ਼ਾਂਤੀ ਵਾਲਾ ਥਾਂ ਨਹੀਂ ਲੱਭਦਾ; (ਪਰ ਜੀਵ ਦੇ ਕੀਹ ਵੱਸ? ਉਸ ਪਾਸੋਂ ਇਹ) ਖੇਡ ਪਰਮਾਤਮਾ ਆਪ ਹੀ ਕਰਾਂਦਾ ਹੈ ।੭।

ਹੇ ਭਾਈ! ਬੇਅੰਤ ਪਰਮਾਤਮਾ ਆਪ ਹੀ ਆਤਮਕ ਜੀਵਨ ਦੀ ਵਿਚਾਰ ਬਖ਼ਸ਼ਣ ਵਾਲਾ ਹੈ, (ਨਾਮ ਜਪਣ ਦੀ) ਸ੍ਰੇਸ਼ਟ ਕਰਣੀ ਦੇ ਕੇ ਆਪ ਹੀ (ਜੀਵ ਨੂੰ ਆਪਣੇ ਨਾਲ) ਮਿਲਾਂਦਾ ਹੈ । ਜੀਵ ਵਿਚਾਰਾ ਆਪਣੇ ਆਪ ਕੋਈ (ਚੰਗਾ ਮੰਦਾ) ਕੰਮ ਨਹੀਂ ਕਰ ਸਕਦਾ । ਪਰਮਾਤਮਾ ਆਪ ਹੀ ਬਖ਼ਸ਼ਸ਼ ਕਰ ਕੇ (ਆਪਣੇ ਚਰਨਾਂ ਵਿਚ ਜੀਵ ਨੂੰ) ਜੋੜਦਾ ਹੈ ।੮।

ਆਪੇ ਸਤਿਗੁਰੁ ਮੇਲੇ ਪੂਰਾ ॥ ਸਚੈ ਸਬਦਿ ਮਹਾਬਲ ਸੂਰਾ ॥ ਆਪੇ ਮੇਲੇ ਦੇ ਵਡਿਆਈ ਸਚੇ ਸਿਉ ਚਿਤੁ ਲਾਇਦਾ ॥੯॥ ਘਰ ਹੀ ਅੰਦਰਿ ਸਾਚਾ ਸੋਈ ॥ ਗੁਰਮੁਖਿ ਵਿਰਲਾ ਬੂਝੈ ਕੋਈ ॥ ਨਾਮੁ ਨਿਧਾਨੁ ਵਸਿਆ ਘਟ ਅੰਤਰਿ ਰਸਨਾ ਨਾਮੁ ਧਿਆਇਦਾ ॥੧੦॥ ਦਿਸੰਤਰੁ ਭਵੈ ਅੰਤਰੁ ਨਹੀ ਭਾਲੇ ॥ ਮਾਇਆ ਮੋਹਿ ਬਧਾ ਜਮਕਾਲੇ ॥ ਜਮ ਕੀ ਫਾਸੀ ਕਬਹੂ ਨ ਤੂਟੈ ਦੂਜੈ ਭਾਇ ਭਰਮਾਇਦਾ ॥੧੧॥ ਜਪੁ ਤਪੁ ਸੰਜਮੁ ਹੋਰੁ ਕੋਈ ਨਾਹੀ ॥ ਜਬ ਲਗੁ ਗੁਰ ਕਾ ਸਬਦੁ ਨ ਕਮਾਹੀ ॥ ਗੁਰ ਕੈ ਸਬਦਿ ਮਿਲਿਆ ਸਚੁ ਪਾਇਆ ਸਚੇ ਸਚਿ ਸਮਾਇਦਾ ॥੧੨॥ {ਪੰਨਾ ੧੦੬੦}

ਪਦ ਅਰਥ :—ਸਚੈ ਸਬਦਿ—ਸਿਫ਼ਤਿ-ਸਾਲਾਹ ਦੀ ਬਾਣੀ ਦੀ ਰਾਹੀਂ । ਮਹਾ ਬਲ—ਬੜੇ (ਆਤਮਕ) ਬਲ ਵਾਲਾ । ਸੂਰਾ—ਸੂਰਮਾ, ਵਿਕਾਰਾਂ ਦਾ ਟਾਕਰਾ ਕਰਨ ਦੇ ਸਮਰੱਥ । ਦੇ—ਦੇਂਦਾ ਹੈ । ਸਾਚੇ ਸਿਉ—ਸਦਾ-ਥਿਰ ਪਰਮਾਤਮਾ ਨਾਲ ।੯।

ਸਾਚਾ—ਸਦਾ ਕਾਇਮ ਰਹਿਣ ਵਾਲਾ ਪਰਮਾਤਮਾ । ਗੁਰਮੁਖਿ—ਗੁਰੂ ਦੇ ਸਨਮੁਖ ਰਹਿਣ ਵਾਲਾ । ਨਿਧਾਨੁ—(ਸਭ ਸੁਖਾਂ ਦਾ) ਖ਼ਜ਼ਾਨਾ । ਰਸਨਾ—ਜੀਭ ਨਾਲ ।੧੦।

ਦਿਸੰਤਰੁ—{ਦੇਸ-ਅੰਤਰੁ} ਹੋਰ ਹੋਰ ਦੇਸ । ਭਵੈ—ਭੌਂਦਾ ਫਿਰਦਾ ਹੈ । ਅੰਤਰੁ—ਅੰਦਰਲਾ, ਹਿਰਦਾ । ਮੋਹਿ—ਮੋਹ ਵਿਚ । ਬਧਾ—ਬੱਧਾ, ਬੱਝਾ ਹੋਇਆ । ਜਮਕਾਲੇ—ਜਮ ਕਾਲਿ, ਆਤਮਕ ਮੌਤ ਵਿਚ । ਜਮ—ਮੌਤ, ਜਮਦੂਤ । ਜਮ ਕੀ ਫਾਸੀ—ਜਮਦੂਤਾਂ ਦੀ ਫਾਹੀ, ਜਨਮ ਮਰਨ ਦੇ ਗੇੜ । ਦੂਜੈ ਭਾਇ—ਮਾਇਆ ਦੇ ਮੋਹ ਵਿਚ (ਪੈ ਕੇ) ।੧੧।

ਜਬ ਲਗੁ—ਜਦੋਂ ਤਕ । ਨ ਕਮਾਹੀ—ਨ ਕਮਾਹਿ, ਨਹੀਂ ਕਮਾਂਦੇ । ਸਬਦੁ ਨ ਕਮਾਹੀ—ਸ਼ਬਦ ਅਨੁਸਾਰ ਆਪਣਾ ਜੀਵਨ ਨਹੀਂ ਬਣਾਂਦੇ । ਸਬਦਿ—ਸ਼ਬਦ ਵਿਚ । ਸਚੁ—ਸਦਾ ਕਾਇਮ ਰਹਿਣ ਵਾਲਾ ਪਰਮਾਤਮਾ । ਸਚਿ—ਸਦਾ ਕਾਇਮ ਰਹਿਣ ਵਾਲੇ ਪਰਮਾਤਮਾ ਵਿਚ ।੧੨।

ਅਰਥ :—ਹੇ ਭਾਈ! (ਪਰਮਾਤਮਾ) ਆਪ ਹੀ (ਮਨੁੱਖ ਨੂੰ) ਪੂਰਾ ਗੁਰੂ ਮਿਲਾਂਦਾ ਹੈ, ਤੇ, ਸਿਫ਼ਤਿ-ਸਾਲਾਹ ਵਾਲੇ ਸ਼ਬਦ ਵਿਚ ਜੋੜ ਕੇ (ਵਿਕਾਰਾਂ ਦੇ ਟਾਕਰੇ ਤੇ) ਆਤਮਕ ਬਲ ਵਾਲਾ ਸੂਰਮਾ ਬਣਾ ਦੇਂਦਾ ਹੈ । ਪ੍ਰਭੂ ਆਪ ਹੀ (ਜੀਵ ਨੂੰ ਆਪਣੇ ਨਾਲ) ਮਿਲਾਂਦਾ ਹੈ, (ਉਸ ਨੂੰ ਲੋਕ ਪਰਲੋਕ ਦੀ) ਇੱਜ਼ਤ ਦੇਂਦਾ ਹੈ । ਹੇ ਭਾਈ! (ਜਿਸ ਨੂੰ ਆਪਣੇ ਨਾਲ ਮਿਲਾਂਦਾ ਹੈ, ਉਹ ਮਨੁੱਖ) ਉਸ ਸਦਾ ਕਾਇਮ ਰਹਿਣ ਵਾਲੇ ਪਰਮਾਤਮਾ ਨਾਲ (ਆਪਣਾ) ਚਿੱਤ ਜੋੜੀ ਰੱਖਦਾ ਹੈ ।੯।

ਹੇ ਭਾਈ! ਸਦਾ ਕਾਇਮ ਰਹਿਣ ਵਾਲਾ ਪਰਮਾਤਮਾ (ਹਰੇਕ ਮਨੁੱਖ ਦੇ) ਹਿਰਦੇ ਘਰ ਵਿਚ ਹੀ ਵੱਸਦਾ ਹੈ, ਪਰ ਗੁਰੂ ਦੇ ਸਨਮੁਖ ਰਹਿਣ ਵਾਲਾ ਕੋਈ ਵਿਰਲਾ ਮਨੁੱਖ (ਇਹ ਭੇਤ) ਸਮਝਦਾ ਹੈ । (ਜਿਹੜਾ ਇਹ ਭੇਤ ਸਮਝ ਲੈਂਦਾ ਹੈ) ਉਸ ਦੇ ਹਿਰਦੇ ਵਿਚ (ਸਾਰੇ ਸੁਖਾਂ ਦਾ) ਖ਼ਜ਼ਾਨਾ ਹਰਿ-ਨਾਮ ਟਿਕਿਆ ਰਹਿੰਦਾ ਹੈ, ਉਹ ਮਨੁੱਖ ਆਪਣੀ ਜੀਭ ਨਾਲ ਹਰਿ-ਨਾਮ ਜਪਦਾ ਰਹਿੰਦਾ ਹੈ ।੧੦।

ਹੇ ਭਾਈ! (ਜਿਹੜਾ ਮਨੁੱਖ ਤਿਆਗ ਆਦਿਕ ਵਾਲਾ ਭੇਖ ਧਾਰ ਕੇ ਤੀਰਥ ਆਦਿਕ) ਹੋਰ ਹੋਰ ਥਾਂ ਭੌਂਦਾ ਫਿਰਦਾ ਹੈ, ਪਰ ਆਪਣੇ ਹਿਰਦੇ ਨੂੰ ਨਹੀਂ ਖੋਜਦਾ, ਉਹ ਮਨੁੱਖ ਮਾਇਆ ਦੇ ਮੋਹ ਵਿਚ ਬੱਝਾ ਰਹਿੰਦਾ ਹੈ, ਉਹ ਮਨੁੱਖ ਆਤਮਕ ਮੌਤ ਦੇ ਕਾਬੂ ਆਇਆ ਰਹਿੰਦਾ ਹੈ । ਉਸ ਦਾ ਜਨਮ ਮਰਨ ਦਾ ਗੇੜ ਕਦੇ ਨਹੀਂ ਮੁੱਕਦਾ, ਉਹ ਮਨੁੱਖ ਹੋਰ ਹੋਰ ਪਿਆਰ ਵਿਚ ਫਸ ਕੇ ਭਟਕਦਾ ਫਿਰਦਾ ਹੈ ।੧੧।

ਹੇ ਭਾਈ! ਜਦੋਂ ਤਕ ਮਨੁੱਖ ਗੁਰੂ ਦੇ ਸ਼ਬਦ ਦੇ (ਹਿਰਦੇ ਵਿਚ ਵਸਾਣ ਦੀ) ਕਮਾਈ ਨਹੀਂ ਕਰਦੇ, ਕੋਈ ਜਪ ਕੋਈ ਤਪ ਕੋਈ ਸੰਜਮ (ਇਸ ਜੀਵਨ-ਸਫ਼ਰ ਵਿਚ) ਹੋਰ ਕੋਈ ਭੀ ਉੱਦਮ ਉਹਨਾਂ ਦੀ ਸਹਾਇਤਾ ਨਹੀਂ ਕਰਦਾ । ਜਿਹੜਾ ਮਨੁੱਖ ਗੁਰੂ ਦੇ ਸ਼ਬਦ ਵਿਚ ਜੁੜਦਾ ਹੈ, ਉਹ ਮਨੁੱਖ ਸਦਾ ਕਾਇਮ ਰਹਿਣ ਵਾਲੇ ਪਰਮਾਤਮਾ ਦਾ ਮਿਲਾਪ ਹਾਸਲ ਕਰ ਲੈਂਦਾ ਹੈ, ਉਹ ਹਰ ਵੇਲੇ ਸਦਾ ਕਾਇਮ ਰਹਿਣ ਵਾਲੇ ਹਰਿ-ਨਾਮ ਵਿਚ ਲੀਨ ਰਹਿੰਦਾ ਹੈ ।੧੨।

ਕਾਮ ਕਰੋਧੁ ਸਬਲ ਸੰਸਾਰਾ ॥ ਬਹੁ ਕਰਮ ਕਮਾਵਹਿ ਸਭੁ ਦੁਖ ਕਾ ਪਸਾਰਾ ॥ ਸਤਿਗੁਰੁ ਸੇਵਹਿ ਸੇ ਸੁਖੁ ਪਾਵਹਿ ਸਚੈ ਸਬਦਿ ਮਿਲਾਇਦਾ ॥੧੩॥ ਪਉਣੁ ਪਾਣੀ ਹੈ ਬੈਸੰਤਰੁ ॥ ਮਾਇਆ ਮੋਹੁ ਵਰਤੈ ਸਭ ਅੰਤਰਿ ॥ ਜਿਨਿ ਕੀਤੇ ਜਾ ਤਿਸੈ ਪਛਾਣਹਿ ਮਾਇਆ ਮੋਹੁ ਚੁਕਾਇਦਾ ॥੧੪॥ ਇਕਿ ਮਾਇਆ ਮੋਹਿ ਗਰਬਿ ਵਿਆਪੇ ॥ ਹਉਮੈ ਹੋਇ ਰਹੇ ਹੈ ਆਪੇ ॥ ਜਮਕਾਲੈ ਕੀ ਖਬਰਿ ਨ ਪਾਈ ਅੰਤਿ ਗਇਆ ਪਛੁਤਾਇਦਾ ॥੧੫॥ ਜਿਨਿ ਉਪਾਏ ਸੋ ਬਿਧਿ ਜਾਣੈ ॥ ਗੁਰਮੁਖਿ ਦੇਵੈ ਸਬਦੁ ਪਛਾਣੈ ॥ ਨਾਨਕ ਦਾਸੁ ਕਹੈ ਬੇਨੰਤੀ ਸਚਿ ਨਾਮਿ ਚਿਤੁ ਲਾਇਦਾ ॥੧੬॥੨॥੧੬॥ {ਪੰਨਾ ੧੦੬੦}

ਪਦ ਅਰਥ :—ਸਬਲ—ਸ-ਬਲ, ਬਲ ਵਾਲੇ । ਸੰਸਾਰਾ—ਸੰਸਾਰਿ, ਸੰਸਾਰ ਵਿਚ । ਕਰਮ—(ਮਿਥੇ ਹੋਏ ਧਾਰਮਿਕ) ਕੰਮ । ਸਭੁ—ਸਾਰਾ (ਉੱਦਮ) । ਪਸਾਰਾ—ਖਿਲਾਰਾ । ਸੇਵਹਿ—ਸਰਨ ਪੈਂਦੇ ਹਨ {ਬਹੁ-ਵਚਨ} । ਸੁਖੁ—ਆਤਮਕ ਆਨੰਦ । ਸਚੈ ਸਬਦਿ—ਸਦਾ-ਥਿਰ ਪ੍ਰਭੂ ਦੀ ਸਿਫ਼ਤਿ-ਸਾਲਾਹ ਦੇ ਸ਼ਬਦ ਵਿਚ ।੧੩।

ਬੈਸੰਤਰੁ—ਅੱਗ । ਪਉਣੁ—ਹਵਾ । ਵਰਤੈ—ਪ੍ਰਭਾਵ ਪਾ ਰਿਹਾ ਹੈ । ਜਿਨਿ—ਜਿਸ ਪਰਮਾਤਮਾ ਨੇ । ਜਾ—ਜਦੋਂ । ਚੁਕਾਇਦਾ—ਦੂਰ ਕਰਦਾ ਹੈ ।੧੪।

ਇਕਿ—{ਲਫ਼ਜ਼ 'ਇਕ' ਤੋਂ ਬਹੁ-ਵਚਨ} ਕਈ । ਮੋਹਿ—ਮੋਹ ਵਿਚ । ਗਰਬਿ—ਅਹੰਕਾਰ ਵਿਚ । ਵਿਆਪੇ—ਫਸੇ ਹੋਏ । ਹੈ—ਹੈਂ । ਆਪੇ—ਆਪ ਹੀ । ਹਉਮੈ...ਹੈ—ਹਉਮੈ ਦਾ ਸਰੂਪ ਬਣੇ ਹੋਏ ਹਨ । ਜਮ ਕਾਲ—ਮੌਤ, ਆਤਮਕ ਮੌਤ । ਅੰਤਿ—ਅਖ਼ੀਰ ਵੇਲੇ ।੧੫।

ਜਿਨਿ—ਜਿਸ (ਪਰਮਾਤਮਾ) ਨੇ । ਬਿਧਿ—(ਆਤਮਕ ਮੌਤ ਤੋਂ ਬਚਾਣ ਦਾ) ਢੰਗ । ਗੁਰਮੁਖਿ—ਗੁਰੂ ਦੀ ਰਾਹੀਂ, ਗੁਰੂ ਦੀ ਸਰਨ ਪਾ ਕੇ । ਦੇਵੈ—('ਬਿਧਿ') ਦੇਂਦਾ ਹੈ । ਸਬਦੁ ਪਛਾਣੈ—(ਉਹ ਮਨੁੱਖ) ਗੁਰ-ਸ਼ਬਦ ਨੂੰ ਪਛਾਣਦਾ ਹੈ । ਸਚਿ ਨਾਮਿ—ਸਦਾ-ਥਿਰ ਹਰਿ-ਨਾਮ ਵਿਚ ।੧੬।

ਅਰਥ :—ਹੇ ਭਾਈ! ਕਾਮ ਅਤੇ ਕ੍ਰੋਧ ਜਗਤ ਵਿਚ ਬੜੇ ਬਲੀ ਹਨ, (ਜੀਵ ਇਹਨਾਂ ਦੇ ਪ੍ਰਭਾਵ ਵਿਚ ਫਸੇ ਰਹਿੰਦੇ ਹਨ, ਪਰ ਦੁਨੀਆ ਨੂੰ ਪਤਿਆਉਣ ਦੀ ਖ਼ਾਤਰ ਤੀਰਥ-ਜਾਤ੍ਰਾ ਆਦਿਕ ਧਾਰਮਿਕ ਮਿਥੇ ਹੋਏ) ਅਨੇਕਾਂ ਕਰਮ (ਭੀ) ਕਰਦੇ ਹਨ । ਇਹ ਸਾਰਾ ਦੁੱਖਾਂ ਦਾ ਹੀ ਖਿਲਾਰਾ (ਬਣਿਆ ਰਹਿੰਦਾ) ਹੈ । ਜਿਹੜੇ ਮਨੁੱਖ ਗੁਰੂ ਦੀ ਸਰਨ ਪੈਂਦੇ ਹਨ, ਉਹ ਆਤਮਕ ਆਨੰਦ ਮਾਣਦੇ ਹਨ, (ਗੁਰੂ ਉਹਨਾਂ ਨੂੰ) ਸਦਾ-ਥਿਰ ਪ੍ਰਭੂ ਦੀ ਸਿਫ਼ਤਿ-ਸਾਲਾਹ ਦੇ ਸ਼ਬਦ ਵਿਚ ਜੋੜਦਾ ਹੈ ।੧੩।

ਹੇ ਭਾਈ! (ਉਂਞ ਤਾਂ ਇਸ ਸਰੀਰ ਦੇ) ਹਵਾ, ਪਾਣੀ, ਅੱਗ (ਆਦਿਕ ਸਾਦਾ ਜਿਹੇ ਹੀ ਤੱਤ ਹਨ, ਪਰ) ਸਭ ਜੀਵਾਂ ਦੇ ਅੰਦਰ ਮਾਇਆ ਦਾ ਮੋਹ (ਆਪਣਾ) ਜ਼ੋਰ ਬਣਾਈ ਰੱਖਦਾ ਹੈ । ਜਦੋਂ (ਕੋਈ ਵਡ-ਭਾਗੀ) ਉਸ ਪਰਮਾਤਮਾ ਨਾਲ ਸਾਂਝ ਪਾਂਦੇ ਹਨ ਜਿਸ ਨੇ (ਉਹਨਾਂ ਨੂੰ) ਪੈਦਾ ਕੀਤਾ ਹੈ, ਤਾਂ (ਉਹ ਪਰਮਾਤਮਾ ਉਹਨਾਂ ਦੇ ਅੰਦਰੋਂ) ਮਾਇਆ ਦਾ ਮੋਹ ਦੂਰ ਕਰ ਦੇਂਦਾ ਹੈ ।੧੪।

ਹੇ ਭਾਈ! ਕਈ (ਜੀਵ ਐਸੇ ਹਨ ਜੋ ਹਰ ਵੇਲੇ) ਮਾਇਆ ਦੇ ਮੋਹ ਵਿਚ ਅਹੰਕਾਰ ਵਿਚ ਗ੍ਰਸੇ ਰਹਿੰਦੇ ਹਨ, ਹਉਮੈ ਦਾ ਪੁਤਲਾ ਹੀ ਬਣੇ ਰਹਿੰਦੇ ਹਨ । (ਪਰ ਜਿਸ ਭੀ ਅਜਿਹੇ ਮਨੁੱਖ ਨੂੰ ਇਸ) ਆਤਮਕ ਮੌਤ ਦੀ ਸਮਝ ਨਹੀਂ ਪੈਂਦੀ, ਉਹ ਅੰਤ ਵੇਲੇ ਇੱਥੋਂ ਹੱਥ ਮਲਦਾ ਹੀ ਜਾਂਦਾ ਹੈ ।੧੫।

ਪਰ, ਹੇ ਭਾਈ! (ਜੀਵਾਂ ਦੇ ਭੀ ਕੀਹ ਵੱਸ?) ਜਿਸ ਪਰਮਾਤਮਾ ਨੇ (ਜੀਵ) ਪੈਦਾ ਕੀਤੇ ਹਨ ਉਹ ਹੀ (ਇਸ ਆਤਮਕ ਮੌਤ ਤੋਂ ਬਚਾਣ ਦਾ) ਢੰਗ ਜਾਣਦਾ ਹੈ । (ਉਹ ਇਹ ਸੁਝ ਜਿਸ ਜੀਵ ਨੂੰ) ਗੁਰੂ ਦੀ ਸਰਨ ਪਾ ਕੇ ਦੇਂਦਾ ਹੈ, ਉਹ ਗੁਰੂ ਦੇ ਸ਼ਬਦ ਨਾਲ ਸਾਂਝ ਪਾ ਲੈਂਦਾ ਹੈ । ਨਾਨਕ ਦਾਸ ਬੇਨਤੀ ਕਰਦਾ ਹੈ—ਹੇ ਭਾਈ! ਉਹ ਮਨੁੱਖ ਆਪਣਾ ਚਿੱਤ ਸਦਾ ਕਾਇਮ ਰਹਿਣ ਵਾਲੇ ਹਰਿ-ਨਾਮ ਵਿਚ ਜੋੜੀ ਰੱਖਦਾ ਹੈ ।੧੬।੨।੧੬।

ਮਾਰੂ ਮਹਲਾ ੩ ॥ ਆਦਿ ਜੁਗਾਦਿ ਦਇਆਪਤਿ ਦਾਤਾ ॥ ਪੂਰੇ ਗੁਰ ਕੈ ਸਬਦਿ ਪਛਾਤਾ ॥ ਤੁਧੁਨੋ ਸੇਵਹਿ ਸੇ ਤੁਝਹਿ ਸਮਾਵਹਿ ਤੂ ਆਪੇ ਮੇਲਿ ਮਿਲਾਇਦਾ ॥੧॥ ਅਗਮ ਅਗੋਚਰੁ ਕੀਮਤਿ ਨਹੀ ਪਾਈ ॥ ਜੀਅ ਜੰਤ ਤੇਰੀ ਸਰਣਾਈ ॥ ਜਿਉ ਤੁਧੁ ਭਾਵੈ ਤਿਵੈ ਚਲਾਵਹਿ ਤੂ ਆਪੇ ਮਾਰਗਿ ਪਾਇਦਾ ॥੨॥ ਹੈ ਭੀ ਸਾਚਾ ਹੋਸੀ ਸੋਈ ॥ ਆਪੇ ਸਾਜੇ ਅਵਰੁ ਨ ਕੋਈ ॥ ਸਭਨਾ ਸਾਰ ਕਰੇ ਸੁਖਦਾਤਾ ਆਪੇ ਰਿਜਕੁ ਪਹੁਚਾਇਦਾ ॥੩॥ ਅਗਮ ਅਗੋਚਰੁ ਅਲਖ ਅਪਾਰਾ ॥ ਕੋਇ ਨ ਜਾਣੈ ਤੇਰਾ ਪਰਵਾਰਾ ॥ ਆਪਣਾ ਆਪੁ ਪਛਾਣਹਿ ਆਪੇ ਗੁਰਮਤੀ ਆਪਿ ਬੁਝਾਇਦਾ ॥੪॥ {ਪੰਨਾ ੧੦੬੦}

ਪਦ ਅਰਥ :—ਆਦਿ—(ਜਗਤ ਦੇ) ਸ਼ੁਰੂ ਤੋਂ । ਜੁਗਾਦਿ—ਜੁਗਾਂ ਦੇ ਸ਼ੁਰੂ ਤੋਂ । ਗੁਰ ਕੈ ਸਬਦਿ—ਗੁਰੂ ਦੇ ਸ਼ਬਦ ਦੀ ਰਾਹੀਂ । ਸੇਵਹਿ—ਸੇਵਾ-ਭਗਤੀ ਕਰਦੇ ਹਨ । ਸੇ—ਉਹ {ਬਹੁ-ਵਚਨ} । ਤੁਝਹਿ—ਤੇਰੇ ਵਿਚ । ਆਪੇ—ਆਪ ਹੀ । ਮੇਲਿ—ਮਿਲ ਕੇ ।੧।

ਅਗਮ—ਅਪਹੁੰਚ । ਅਗੋਚਰੁ—{ਅ-ਗੋ-ਚਰੁ} ਜਿਸ ਤਕ ਗਿਆਨ-ਇੰਦ੍ਰਿਆਂ ਦੀ ਪਹੁੰਚ ਨਹੀਂ ਹੋ ਸਕਦੀ । ਜੀਅ—{ਲਫ਼ਜ਼ 'ਜੀਵ' ਤੋਂ ਬਹੁ-ਵਚਨ} । ਭਾਵੈ—ਚੰਗਾ ਲੱਗਦਾ ਹੈ । ਮਾਰਗਿ—(ਸਹੀ ਜੀਵਨ-) ਰਸਤੇ ਉੱਤੇ ।੨।

ਸਾਚਾ—ਸਦਾ ਕਾਇਮ ਰਹਿਣ ਵਾਲਾ ਪਰਮਾਤਮਾ । ਹੋਸੀ—ਕਾਇਮ ਰਹੇਗਾ । ਸਾਜੇ—ਪੈਦਾ ਕਰਦਾ ਹੈ । ਅਵਰੁ—ਹੋਰ । ਸਾਰ—ਸੰਭਾਲ । ਪਹੁਚਾਇਦਾ—ਅਪੜਾਂਦਾ ਹੈ ।੩।

ਅਲਖ—ਜਿਸ ਦਾ ਸਹੀ ਸਰੂਪ ਬਿਆਨ ਨ ਕੀਤਾ ਜਾ ਸਕੇ । ਪਰਵਾਰਾ—ਪੈਦਾ ਕੀਤੇ ਹੋਏ ਜੀਅ ਜੰਤ । ਆਪੁ—{ਕਰਮ ਕਾਰਕ, ਇਕ-ਵਚਨ} । ਬੁਝਾਇਦਾ—ਸੂਝ ਦੇਂਦਾ ਹੈਂ ।੪।

ਅਰਥ :—ਹੇ ਪ੍ਰਭੂ! ਤੂੰ (ਜਗਤ ਦੇ) ਸ਼ੁਰੂ ਤੋਂ, ਜੁਗਾਂ ਦੇ ਸ਼ੁਰੂ ਤੋਂ ਦਇਆ ਦਾ ਮਾਲਕ ਹੈਂ (ਸਾਰੇ ਸੁਖ ਪਦਾਰਥ) ਦੇਣ ਵਾਲਾ ਹੈਂ । ਪੂਰੇ ਗੁਰੂ ਦੇ ਸ਼ਬਦ ਦੀ ਰਾਹੀਂ ਤੇਰੇ ਨਾਲ ਜਾਣ-ਪਛਾਣ ਬਣ ਸਕਦੀ ਹੈ । ਜਿਹੜੇ ਮਨੁੱਖ ਤੇਰੀ ਸੇਵਾ-ਭਗਤੀ ਕਰਦੇ ਹਨ, ਉਹ ਤੇਰੇ (ਚਰਨਾਂ) ਵਿਚ ਲੀਨ ਰਹਿੰਦੇ ਹਨ । ਤੂੰ ਆਪ ਹੀ (ਉਹਨਾਂ ਨੂੰ ਗੁਰੂ ਨਾਲ) ਮਿਲਾ ਕੇ (ਆਪਣੇ ਨਾਲ) ਮਿਲਾਂਦਾ ਹੈਂ ।੧।

ਹੇ ਪ੍ਰਭੂ! ਤੂੰ ਅਪਹੁੰਚ ਹੈਂ, ਗਿਆਨ ਇੰਦ੍ਰਿਆਂ ਦੀ ਰਾਹੀਂ ਤੇਰੀ ਸੂਝ ਨਹੀਂ ਪੈ ਸਕਦੀ, ਤੇਰਾ ਮੁੱਲ ਨਹੀਂ ਪਾਇਆ ਜਾ ਸਕਦਾ (ਕਿਸੇ ਦੁਨੀਆਵੀ ਪਦਾਰਥ ਦੇ ਵੱਟੇ ਤੇਰੀ ਪ੍ਰਾਪਤੀ ਨਹੀਂ ਹੋ ਸਕਦੀ) । ਸਾਰੇ ਜੀਅ ਜੰਤ ਤੇਰੇ ਹੀ ਆਸਰੇ ਹਨ । ਜਿਵੇਂ ਤੈਨੂੰ ਚੰਗਾ ਲੱਗਦਾ ਹੈ, ਤੂੰ ਜੀਵਾਂ ਨੂੰ ਕਾਰੇ ਲਾਂਦਾ ਹੈਂ, ਤੂੰ ਆਪ ਹੀ (ਜੀਵਾਂ ਨੂੰ) ਸਹੀ ਜੀਵਨ-ਰਾਹ ਉਤੇ ਤੋਰਦਾ ਹੈਂ ।੨।

ਹੇ ਭਾਈ! ਸਦਾ ਕਾਇਮ ਰਹਿਣ ਵਾਲਾ ਪਰਮਾਤਮਾ ਇਸ ਵੇਲੇ ਭੀ ਮੌਜੂਦ ਹੈ, ਉਹ ਸਦਾ ਕਾਇਮ ਰਹੇਗਾ । ਉਹ ਆਪ ਹੀ (ਸ੍ਰਿਸ਼ਟੀ) ਪੈਦਾ ਕਰਦਾ ਹੈ, (ਉਸ ਤੋਂ ਬਿਨਾ ਪੈਦਾ ਕਰਨ ਵਾਲਾ) ਕੋਈ ਹੋਰ ਨਹੀਂ ਹੈ । ਉਹ ਸਾਰੇ ਸੁਖ ਦੇਣ ਵਾਲਾ ਪਰਮਾਤਮਾ ਆਪ ਹੀ ਸਭ ਜੀਵਾਂ ਦੀ ਸੰਭਾਲ ਕਰਦਾ ਹੈ, ਉਹ ਆਪ ਹੀ ਸਭ ਨੂੰ ਰਿਜ਼ਕ ਅਪੜਾਂਦਾ ਹੈ ।੩।

ਹੇ ਪ੍ਰਭੂ! ਤੂੰ ਅਪਹੁੰਚ ਹੈਂ, ਤੂੰ ਅਗੋਚਰ ਹੈਂ, ਤੂੰ ਅਲੱਖ ਹੈਂ, ਤੂੰ ਬੇਅੰਤ ਹੈਂ । ਕੋਈ ਭੀ ਜਾਣ ਨਹੀਂ ਸਕਦਾ ਕਿ ਤੇਰਾ ਕੇਡਾ ਵੱਡਾ ਪਰਵਾਰ ਹੈ । ਆਪਣੇ ਆਪ ਨੂੰ (ਆਪਣੀ ਬਜ਼ੁਰਗੀ ਨੂੰ) ਤੂੰ ਆਪ ਹੀ ਸਮਝਦਾ ਹੈਂ, ਗੁਰੂ ਦੀ ਮਤਿ ਦੇ ਕੇ ਤੂੰ ਆਪ ਹੀ (ਜੀਵਾਂ ਨੂੰ ਸਹੀ ਜੀਵਨ-ਰਸਤਾ) ਸਮਝਾਂਦਾ ਹੈਂ ।੪।

ਪਾਤਾਲ ਪੁਰੀਆ ਲੋਅ ਆਕਾਰਾ ॥ ਤਿਸੁ ਵਿਚਿ ਵਰਤੈ ਹੁਕਮੁ ਕਰਾਰਾ ॥ ਹੁਕਮੇ ਸਾਜੇ ਹੁਕਮੇ ਢਾਹੇ ਹੁਕਮੇ ਮੇਲਿ ਮਿਲਾਇਦਾ ॥੫॥ ਹੁਕਮੈ ਬੂਝੈ ਸੁ ਹੁਕਮੁ ਸਲਾਹੇ ॥ ਅਗਮ ਅਗੋਚਰ ਵੇਪਰਵਾਹੇ ॥ ਜੇਹੀ ਮਤਿ ਦੇਹਿ ਸੋ ਹੋਵੈ ਤੂ ਆਪੇ ਸਬਦਿ ਬੁਝਾਇਦਾ ॥੬॥ ਅਨਦਿਨੁ ਆਰਜਾ ਛਿਜਦੀ ਜਾਏ ॥ ਰੈਣਿ ਦਿਨਸੁ ਦੁਇ ਸਾਖੀ ਆਏ ॥ ਮਨਮੁਖੁ ਅੰਧੁ ਨ ਚੇਤੈ ਮੂੜਾ ਸਿਰ ਊਪਰਿ ਕਾਲੁ ਰੂਆਇਦਾ ॥੭॥ ਮਨੁ ਤਨੁ ਸੀਤਲੁ ਗੁਰ ਚਰਣੀ ਲਾਗਾ ॥ ਅੰਤਰਿ ਭਰਮੁ ਗਇਆ ਭਉ ਭਾਗਾ ॥ ਸਦਾ ਅਨੰਦੁ ਸਚੇ ਗੁਣ ਗਾਵਹਿ ਸਚੁ ਬਾਣੀ ਬੋਲਾਇਦਾ ॥੮॥ {ਪੰਨਾ ੧੦੬੧}

ਪਦ ਅਰਥ :—ਲੋਅ—{ਲਫ਼ਜ਼ 'ਲੋਕੁ' ਤੋਂ ਬਹੁ-ਵਚਨ ਅਤੇ ਪ੍ਰਾਕ੍ਰਿਤ ਰੂਪ} ਅਨੇਕਾਂ ਮੰਡਲ । ਆਕਾਰਾ—ਇਹ ਸਾਰਾ ਦਿੱਸਦਾ ਜਗਤ । ਤਿਸੁ ਵਿਚਿ—ਇਸ ਸਾਰੇ ਦਿੱਸਦੇ ਜਗਤ ਵਿਚ {ਲਫ਼ਜ਼ 'ਤਿਸੁ' ਇਕ-ਵਚਨ} । ਵਰਤੈ—ਕੰਮ ਕਰ ਰਿਹਾ ਹੈ । ਕਰਾਰਾ—ਸਖ਼ਤ, ਕਰੜਾ । ਹੁਕਮੇ—ਹੁਕਮ ਵਿਚ ਹੀ । ਮੇਲਿ—(ਗੁਰੂ ਨਾਲ) ਮੇਲ ਕੇ ।੫।

ਸੁ—ਉਹ {ਇਕ-ਵਚਨ} । ਸਲਾਹੇ—ਸਲਾਹੁੰਦਾ ਹੈ, ਵਡਿਆਉਂਦਾ ਹੈ । ਅਗਮ—ਹੇ ਅਪਹੁੰਚ! ਅਗੋਚਰ—ਹੇ ਅਗੋਚਰ! ਦੇਹਿ—ਤੂੰ ਦੇਂਦਾ ਹੈਂ । ਸਬਦਿ—

ਸ਼ਬਦ ਦੀ ਰਾਹੀਂ ।੬।

ਅਨਦਿਨੁ—{ਅਨੁਦਿਨਾਜ਼} ਹਰ ਰੋਜ਼, ਹਰ ਵੇਲੇ । ਆਰਜਾ—ਉਮਰ । ਛਿਜਦੀ—ਘਟਦੀ । ਰੈਣਿ—ਰਾਤ । ਦੁਇ—ਦੋਵੇਂ । ਸਾਖੀ—ਗਵਾਹ । ਮਨਮੁਖੁ—ਆਪਣੇ ਮਨ ਦੇ ਪਿੱਛੇ ਤੁਰਨ ਵਾਲਾ ਮਨੁੱਖ । ਅੰਧੁ—(ਮਾਇਆ ਦੇ ਮੋਹ ਵਿਚ) ਅੰਨ੍ਹਾ । ਮੁੜਾ—ਮੂਰਖ । ਰੂਆਇਦਾ—ਰੁਆਉਂਦਾ, ਸਹਮ ਪਾ ਰਿਹਾ, ਗੱਜਦਾ ਹੈ ।੭।

ਸੀਤਲੁ—ਸ਼ਾਂਤ । ਚਰਣੀ—ਚਰਣੀਂ, ਚਰਨਾਂ ਵਿਚ । ਭਰਮੁ—ਭਟਕਣਾ । ਸਚੇ ਗੁਣ—ਸਦਾ ਕਾਇਮ ਰਹਿਣ ਵਾਲੇ ਪਰਮਾਤਮਾ ਦੇ ਗੁਣ । ਗਾਵਹਿ—ਗਾਂਦੇ ਹਨ {ਬਹੁ-ਵਚਨ} । ਸਚੁ—ਸਦਾ-ਥਿਰ ਰਹਿਣ ਵਾਲਾ ਪ੍ਰਭੂ ।੮।

ਅਰਥ :—ਹੇ ਭਾਈ! (ਅਨੇਕਾਂ) ਪਾਤਾਲ, (ਅਨੇਕਾਂ) ਪੁਰੀਆਂ, (ਅਨੇਕਾਂ) ਮੰਡਲ—ਇਹ ਸਾਰਾ ਦਿੱਸਦਾ ਜਗਤ (ਪਰਮਾਤਮਾ ਦਾ ਪੈਦਾ ਕੀਤਾ ਹੋਇਆ ਹੈ), ਇਸ ਵਿਚ ਪਰਮਾਤਮਾ ਦਾ ਕਰੜਾ ਹੁਕਮ ਜਗਤ ਦੀ ਕਾਰ ਚਲਾ ਰਿਹਾ ਹੈ । (ਇਸ ਸਾਰੇ ਜਗਤ ਨੂੰ ਪਰਮਾਤਮਾ ਆਪਣੇ) ਹੁਕਮ ਵਿਚ ਪੈਦਾ ਕਰਦਾ ਹੈ, ਹੁਕਮ ਵਿਚ ਹੀ ਢਾਹੁੰਦਾ ਹੈ । ਹੁਕਮ ਅਨੁਸਾਰ ਹੀ (ਜੀਵਾਂ ਨੂੰ ਗੁਰੂ ਨਾਲ) ਮੇਲ ਕੇ (ਆਪਣੇ ਚਰਨਾਂ ਵਿਚ) ਜੋੜਦਾ ਹੈ ।੫।

ਹੇ ਅਪਹੁੰਚ! ਹੇ ਅਗੋਚਰ! ਹੇ ਵੇ-ਪਰਵਾਹ! ਜਿਹੜਾ ਮਨੁੱਖ ਤੇਰੇ ਹੁਕਮ ਨੂੰ ਸਮਝ ਲੈਂਦਾ ਹੈ, ਉਹ ਉਸ ਹੁਕਮ ਦੀ ਸੋਭਾ ਕਰਦਾ ਹੈ । ਹੇ ਪ੍ਰਭੂ! ਤੂੰ ਜਿਹੋ ਜਿਹੀ ਮਤਿ (ਕਿਸੇ ਮਨੁੱਖ ਨੂੰ) ਦੇਂਦਾ ਹੈਂ, ਉਹ ਉਹੋ ਜਿਹਾ ਬਣ ਜਾਂਦਾ ਹੈ । ਤੂੰ ਆਪ ਹੀ ਗੁਰੂ ਦੇ ਸ਼ਬਦ ਵਿਚ (ਮਨੁੱਖ ਨੂੰ ਜੋੜ ਕੇ ਉਸ ਨੂੰ ਆਪਣੇ ਹੁਕਮ ਦੀ) ਸੂਝ ਬਖ਼ਸ਼ਦਾ ਹੈਂ ।੬।

ਹੇ ਭਾਈ! ਹਰ ਰੋਜ਼ ਹਰ ਵੇਲੇ ਮਨੁੱਖ ਦੀ ਉਮਰ ਘਟਦੀ ਜਾਂਦੀ ਹੈ, ਰਾਤ ਅਤੇ ਦਿਨ ਇਹ ਦੋਵੇਂ ਇਸ ਗੱਲ ਦੇ ਗਵਾਹ ਹਨ (ਜਿਹੜਾ ਦਿਨ ਰਾਤ ਲੰਘ ਜਾਂਦਾ ਹੈ, ਉਹ ਵਾਪਸ ਉਮਰ ਵਿਚ ਨਹੀਂ ਆ ਸਕਦਾ) । ਪਰ ਮਨ ਦਾ ਮੁਰੀਦ ਤੇ ਮਾਇਆ ਦੇ ਮੋਹ ਵਿਚ ਅੰਨ੍ਹਾ ਹੋਇਆ ਮੂਰਖ ਮਨੁੱਖ (ਇਸ ਗੱਲ ਨੂੰ) ਚੇਤੇ ਨਹੀਂ ਕਰਦਾ । (ਉਧਰੋਂ) ਮੌਤ (ਦਾ ਨਗਾਰਾ) ਸਿਰ ਉੱਤੇ ਗੱਜਦਾ ਰਹਿੰਦਾ ਹੈ ।੭।

ਹੇ ਭਾਈ! ਜਿਹੜਾ ਮਨੁੱਖ ਗੁਰੂ ਦੀ ਚਰਨੀਂ ਲੱਗਦਾ ਹੈ, ਉਸ ਦਾ ਮਨ ਸ਼ਾਂਤ ਰਹਿੰਦਾ ਹੈ ਉਸ ਦਾ ਤਨ ਸ਼ਾਂਤ ਰਹਿੰਦਾ ਹੈ । ਉਸ ਦੇ ਅੰਦਰ (ਟਿਕੀ ਹੋਈ) ਭਟਕਣਾ ਦੂਰ ਹੋ ਜਾਂਦੀ ਹੈ, ਉਸ ਦਾ ਹਰੇਕ ਕਿਸਮ ਦਾ ਡਰ ਮੁੱਕ ਜਾਂਦਾ ਹੈ । ਹੇ ਭਾਈ! ਜਿਹੜੇ ਮਨੁੱਖ (ਗੁਰੂ ਦੀ ਕਿਰਪਾ ਨਾਲ) ਸਦਾ ਕਾਇਮ ਰਹਿਣ ਵਾਲੇ ਪਰਮਾਤਮਾ ਦੇ ਗੁਣ ਗਾਂਦੇ ਰਹਿੰਦੇ ਹਨ, ਉਹਨਾਂ ਨੂੰ ਸਦਾ ਆਤਮਕ ਆਨੰਦ ਮਿਲਿਆ ਰਹਿੰਦਾ ਹੈ । (ਪਰ ਜੀਵ ਦੇ ਵੱਸ ਦੀ ਗੱਲ ਨਹੀਂ) ਇਹ ਸਿਫ਼ਤਿ-ਸਾਲਾਹ ਦੀ ਬਾਣੀ ਭੀ ਸਦਾ ਕਾਇਮ ਰਹਿਣ ਵਾਲਾ ਪਰਮਾਤਮਾ (ਆਪ ਹੀ) ਉਚਾਰਨ ਲਈ ਪ੍ਰੇਰਦਾ ਹੈ ।੮।

ਜਿਨਿ ਤੂ ਜਾਤਾ ਕਰਮ ਬਿਧਾਤਾ ॥ ਪੂਰੈ ਭਾਗਿ ਗੁਰ ਸਬਦਿ ਪਛਾਤਾ ॥ ਜਤਿ ਪਤਿ ਸਚੁ ਸਚਾ ਸਚੁ ਸੋਈ ਹਉਮੈ ਮਾਰਿ ਮਿਲਾਇਦਾ ॥੯॥ ਮਨੁ ਕਠੋਰੁ ਦੂਜੈ ਭਾਇ ਲਾਗਾ ॥ ਭਰਮੇ ਭੂਲਾ ਫਿਰੈ ਅਭਾਗਾ ॥ ਕਰਮੁ ਹੋਵੈ ਤਾ ਸਤਿਗੁਰੁ ਸੇਵੇ ਸਹਜੇ ਹੀ ਸੁਖੁ ਪਾਇਦਾ ॥੧੦॥ ਲਖ ਚਉਰਾਸੀਹ ਆਪਿ ਉਪਾਏ ॥ ਮਾਨਸ ਜਨਮਿ ਗੁਰ ਭਗਤਿ ਦ੍ਰਿੜਾਏ ॥ ਬਿਨੁ ਭਗਤੀ ਬਿਸਟਾ ਵਿਚਿ ਵਾਸਾ ਬਿਸਟਾ ਵਿਚਿ ਫਿਰਿ ਪਾਇਦਾ ॥੧੧॥ ਕਰਮੁ ਹੋਵੈ ਗੁਰੁ ਭਗਤਿ ਦ੍ਰਿੜਾਏ ॥ ਵਿਣੁ ਕਰਮਾ ਕਿਉ ਪਾਇਆ ਜਾਏ ॥ ਆਪੇ ਕਰੇ ਕਰਾਏ ਕਰਤਾ ਜਿਉ ਭਾਵੈ ਤਿਵੈ ਚਲਾਇਦਾ ॥੧੨॥ {ਪੰਨਾ ੧੦੬੧}

ਪਦ ਅਰਥ :—ਤੂ—ਤੈਨੂੰ । ਜਿਨਿ—ਜਿਸ (ਮਨੁੱਖ) ਨੇ । ਤੂ ਜਾਤਾ—ਤੇਰੇ ਨਾਲ ਸਾਂਝ ਪਾ ਲਈ । ਕਰਮ ਬਿਧਾਤਾ—ਜੀਵਾਂ ਦੇ ਕੀਤੇ ਕਰਮਾਂ ਅਨੁਸਾਰ ਪੈਦਾ ਕਰਨ ਵਾਲਾ । ਪੂਰੈ ਭਾਗਿ—ਵੱਡੀ ਕਿਸਮਤ ਨਾਲ । ਸਬਦਿ—ਸ਼ਬਦ ਦੀ ਰਾਹੀਂ । ਜਤਿ ਪਤਿ—ਜਾਤਿ ਪਾਤਿ । ਸਚੁ ਸਚਾ—ਸਦਾ ਕਾਇਮ ਰਹਿਣ ਵਾਲਾ ਪ੍ਰਭੂ । ਮਾਰਿ—ਮਾਰ ਕੇ ।੯।

ਕਠੋਰੁ—ਸਖ਼ਤ, ਨਿਰਦਈ, ਅਭਿੱਜ । ਦੂਜੈ ਭਾਇ—ਮਾਇਆ ਦੇ ਪਿਆਰ ਵਿਚ । ਭਰਮੈ—ਭਟਕਣਾ ਵਿਚ ਪੈ ਕੇ । ਭੂਲਾ—ਕੁਰਾਹੇ ਪਿਆ ਹੋਇਆ । ਕਰਮੁ—ਮਿਹਰ, ਬਖ਼ਸ਼ਸ਼ । ਸਹਜੇ—ਆਤਮਕ ਅਡੋਲਤਾ ਵਿਚ । ਸੁਖੁ—ਆਤਮਕ ਆਨੰਦ ।੧੦।

ਜਨਮਿ—ਜਨਮ ਵਿਚ । ਦ੍ਰਿੜਾਏ—ਹਿਰਦੇ ਵਿਚ ਪੱਕੀ ਕਰਦਾ ਹੈ ।੧੧।

ਕਰਮੁ—ਮਿਹਰ । ਵਿਣੁ ਕਰਮਾ—ਮਿਹਰ ਤੋਂ ਬਿਨਾ ।੧੨।

ਅਰਥ :—ਹੇ ਪ੍ਰਭੂ! ਤੂੰ ਜੀਵਾਂ ਦੇ ਕੀਤੇ ਕਰਮਾਂ ਅਨੁਸਾਰ ਪੈਦਾ ਕਰਨ ਵਾਲਾ ਹੈਂ । ਜਿਸ (ਮਨੁੱਖ) ਨੇ ਤੇਰੇ ਨਾਲ ਸਾਂਝ ਪਾ ਲਈ, ਵੱਡੀ ਕਿਸਮਤ ਨਾਲ ਗੁਰੂ ਦੇ ਸ਼ਬਦ ਵਿਚ ਜੁੜ ਕੇ ਉਸ ਨੇ ਤੈਨੂੰ (ਹਰ ਥਾਂ ਵੱਸਦਾ) ਪਛਾਣ ਲਿਆ । ਹੇ ਭਾਈ! ਜਿਸ ਮਨੁੱਖ ਦੀ ਹਉਮੈ ਮਾਰ ਕੇ ਸਦਾ-ਥਿਰ ਪ੍ਰਭੂ ਉਸ ਨੂੰ ਆਪਣੇ ਨਾਲ ਮਿਲਾ ਲੈਂਦਾ ਹੈ, ਉਸ ਦੀ ਜਾਤਿ ਉਹ ਆਪ ਬਣ ਜਾਂਦਾ ਹੈ, ਉਸ ਦੀ ਕੁਲ ਉਹ ਸਦਾ ਕਾਇਮ ਰਹਿਣ ਵਾਲਾ ਪ੍ਰਭੂ ਆਪ ਬਣ ਜਾਂਦਾ ਹੈ ।੯।

ਹੇ ਭਾਈ! ਜਿਹੜਾ ਮਨੁੱਖ ਮਾਇਆ ਦੇ ਮੋਹ ਵਿਚ ਫਸਿਆ ਰਹਿੰਦਾ ਹੈ, ਉਸ ਦਾ ਮਨ ਕਠੋਰ ਟਿਕਿਆ ਰਹਿੰਦਾ ਹੈ, ਉਹ ਮੰਦ-ਭਾਗੀ ਮਨੁੱਖ ਭਟਕਣਾ ਵਿਚ ਪੈ ਕੇ ਕੁਰਾਹੇ ਪਿਆ ਰਹਿੰਦਾ ਹੈ । ਜਦੋਂ ਉਸ ਉਤੇ ਪਰਮਾਤਮਾ ਦੀ ਮਿਹਰ ਹੁੰਦੀ ਹੈ, ਤਦੋਂ ਉਹ ਗੁਰੂ ਦੀ ਸਰਨ ਪੈਂਦਾ ਹੈ, ਤੇ, ਆਤਮਕ ਅਡੋਲਤਾ ਵਿਚ ਟਿਕਿਆ ਰਹਿ ਕੇ ਆਤਮਕ ਆਨੰਦ ਮਾਣਦਾ ਹੈ ।੧੦।

ਹੇ ਭਾਈ! ਚੌਰਾਸੀ ਲੱਖ ਜੂਨਾਂ ਦੇ ਜੀਵ (ਪਰਮਾਤਮਾ ਨੇ) ਆਪ ਪੈਦਾ ਕੀਤੇ ਹਨ, (ਉਸ ਦੀ ਮਿਹਰ ਨਾਲ ਹੀ) ਮਨੁੱਖਾ ਜਨਮ ਵਿਚ ਗੁਰੂ ਜੀਵ ਦੇ ਅੰਦਰ ਪਰਮਾਤਮਾ ਦੀ ਭਗਤੀ ਪੱਕੀ ਕਰਦਾ ਹੈ । ਭਗਤੀ ਤੋਂ ਬਿਨਾ ਜੀਵ ਦਾ ਨਿਵਾਸ ਵਿਕਾਰਾਂ ਦੇ ਗੰਦ ਵਿਚ ਰਹਿੰਦਾ ਹੈ, ਤੇ, ਮੁੜ ਮੁੜ ਵਿਕਾਰਾਂ ਦੇ ਗੰਦ ਵਿਚ ਹੀ ਪਾਇਆ ਜਾਂਦਾ ਹੈ ।੧੧।

ਹੇ ਭਾਈ! ਜਦੋਂ ਪਰਮਾਤਮਾ ਦੀ ਮਿਹਰ ਹੁੰਦੀ ਹੈ, ਗੁਰੂ (ਮਨੁੱਖ ਦੇ ਹਿਰਦੇ ਵਿਚ) ਪਰਮਾਤਮਾ ਦੀ ਭਗਤੀ ਪੱਕੀ ਕਰਦਾ ਹੈ । ਪ੍ਰਭੂ ਦੀ ਬਖ਼ਸ਼ਸ਼ ਤੋਂ ਬਿਨਾ ਪ੍ਰਭੂ

ਨਾਲ ਮਿਲਾਪ ਨਹੀਂ ਹੋ ਸਕਦਾ । (ਪਰ ਜੀਵਾਂ ਦੇ ਕੀਹ ਵੱਸ?) ਪਰਮਾਤਮਾ ਆਪ ਹੀ (ਸਭ ਕੁਝ) ਕਰਦਾ ਹੈ, ਆਪ ਹੀ (ਜੀਵਾਂ ਪਾਸੋਂ) ਕਰਾਂਦਾ ਹੈ । ਜਿਵੇਂ ਉਸ ਦੀ ਰਜ਼ਾ ਹੁੰਦੀ ਹੈ, ਤਿਵੇਂ ਜੀਵਾਂ ਨੂੰ ਤੋਰਦਾ ਹੈ ।੧੨।

ਸਿਮ੍ਰਿਤਿ ਸਾਸਤ ਅੰਤੁ ਨ ਜਾਣੈ ॥ ਮੂਰਖੁ ਅੰਧਾ ਤਤੁ ਨ ਪਛਾਣੈ ॥ ਆਪੇ ਕਰੇ ਕਰਾਏ ਕਰਤਾ ਆਪੇ ਭਰਮਿ ਭੁਲਾਇਦਾ ॥੧੩॥ ਸਭੁ ਕਿਛੁ ਆਪੇ ਆਪਿ ਕਰਾਏ ॥ ਆਪੇ ਸਿਰਿ ਸਿਰਿ ਧੰਧੈ ਲਾਏ ॥ ਆਪੇ ਥਾਪਿ ਉਥਾਪੇ ਵੇਖੈ ਗੁਰਮੁਖਿ ਆਪਿ ਬੁਝਾਇਦਾ ॥੧੪॥ ਸਚਾ ਸਾਹਿਬੁ ਗਹਿਰ ਗੰਭੀਰਾ ॥ ਸਦਾ ਸਲਾਹੀ ਤਾ ਮਨੁ ਧੀਰਾ ॥ ਅਗਮ ਅਗੋਚਰੁ ਕੀਮਤਿ ਨਹੀ ਪਾਈ ਗੁਰਮੁਖਿ ਮੰਨਿ ਵਸਾਇਦਾ ॥੧੫॥ ਆਪਿ ਨਿਰਾਲਮੁ ਹੋਰ ਧੰਧੈ ਲੋਈ ॥ ਗੁਰ ਪਰਸਾਦੀ ਬੂਝੈ ਕੋਈ ॥ ਨਾਨਕ ਨਾਮੁ ਵਸੈ ਘਟ ਅੰਤਰਿ ਗੁਰਮਤੀ ਮੇਲਿ ਮਿਲਾਇਦਾ ॥੧੬॥੩॥੧੭॥ {ਪੰਨਾ ੧੦੬੧}

ਪਦ ਅਰਥ :—ਨ ਜਾਣੈ—ਨਹੀਂ ਜਾਣਦਾ {ਇਕ-ਵਚਨ} । ਅੰਤੁ—(ਪ੍ਰਭੂ ਨੂੰ ਮਿਲਣ ਦਾ) ਭੇਤ । ਸਿਮ੍ਰਿਤਿ ਸਾਸਤ—ਸਿੰਮ੍ਰਿਤੀਆਂ ਸ਼ਾਸਤ੍ਰਾਂ (ਦੇ ਦੱਸੇ ਕਰਮ-ਕਾਂਡ) ਦੀ ਰਾਹੀਂ । ਤਤੁ—ਅਸਲੀਅਤ । ਭਰਮਿ—ਭਟਕਣਾ ਵਿਚ (ਪਾ ਕੇ) । ਭੁਲਾਇਦਾ—ਕੁਰਾਹੇ ਪਾਂਦਾ ਹੈ ।੧੩।

ਆਪੇ ਆਪਿ—ਪ੍ਰਭੂ ਆਪ ਹੀ ਆਪ । ਸਿਰਿ ਸਿਰਿ—ਹਰੇਕ ਦੇ ਸਿਰ ਉਤੇ (ਲਿਖੇ ਲੇਖਾਂ ਅਨੁਸਾਰ) । ਥਾਪਿ—ਪੈਦਾ ਕਰ ਕੇ । ਉਥਾਪੇ—ਨਾਸ ਕਰਦਾ ਹੈ । ਵੇਖੈ—ਸੰਭਾਲ ਕਰਦਾ ਹੈ । ਗੁਰਮੁਖਿ—ਗੁਰੂ ਦੀ ਰਾਹੀਂ ।੧੪।

ਸਚਾ—ਸਦਾ ਕਾਇਮ ਰਹਿਣ ਵਾਲਾ । ਗਹਿਰ—ਅਥਾਹ । ਗੰਭੀਰਾ—ਵੱਡੇ ਜਿਗਰੇ ਵਾਲਾ । ਸਾਲਾਹੀ—ਸਿਫ਼ਤਿ-ਸਾਲਾਹ ਕਰਾਂ । ਧੀਰਾ—ਧੀਰਜ ਵਾਲਾ । ਅਗਮ—ਅਪਹੁੰਚ । ਅਗੋਚਰੁ—{ਅ-ਗੋ-ਚਰੁ} ਜਿਸ ਤਕ ਗਿਆਨ-ਇੰਦ੍ਰਿਆਂ ਦੀ ਪਹੁੰਚ ਨਹੀਂ ਹੋ ਸਕਦੀ । ਮੰਨਿ—ਮਨਿ, ਮਨ ਵਿਚ ।੧੫।

ਨਿਰਾਲਮੁ—ਨਿਰਲੇਪ । ਧੰਧੈ—ਮਾਇਆ ਦੇ ਖਲਜਗਨ ਵਿਚ । ਲੋਈ—ਲੁਕਾਈ । ਪਰਸਾਦੀ—ਪਰਸਾਦਿ, ਕਿਰਪਾ ਨਾਲ । ਘਟ ਅੰਤਰਿ—ਹਿਰਦੇ ਵਿਚ । ਨਾਨਕ—ਹੇ ਨਾਨਕ! ਮੇਲਿ—ਮੇਲ ਕੇ ।੧੬।

ਅਰਥ :—ਹੇ ਭਾਈ! ਸਿੰਮ੍ਰਿਤੀਆਂ ਸ਼ਾਸਤ੍ਰਾਂ (ਦੇ ਦੱਸੇ ਕਰਮ-ਕਾਂਡ) ਦੀ ਰਾਹੀਂ ਮਨੁੱਖ (ਪ੍ਰਭੂ ਦੇ ਮਿਲਾਪ ਦਾ) ਭੇਤ ਨਹੀਂ ਜਾਣ ਸਕਦਾ । (ਕਰਮ-ਕਾਂਡ ਵਿਚ ਹੀ ਫਸਿਆ) ਅੰਨ੍ਹਾ ਮੂਰਖ ਮਨੁੱਖ ਅਸਲੀਅਤ ਨਹੀਂ ਸਮਝ ਸਕਦਾ । (ਪਰ ਇਸ ਦੇ ਭੀ ਕੀਹ ਵੱਸ?) ਕਰਤਾਰ ਆਪ ਹੀ ਸਭ ਕੁਝ ਕਰਦਾ ਕਰਾਂਦਾ ਹੈ, ਆਪ ਹੀ ਭਟਕਣਾ ਵਿਚ ਪਾ ਕੇ ਕੁਰਾਹੇ ਪਾਈ ਰੱਖਦਾ ਹੈ ।੧੩।

ਹੇ ਭਾਈ! ਪਰਮਾਤਮਾ ਆਪ ਹੀ ਆਪ (ਜੀਵਾਂ ਪਾਸੋਂ) ਸਭ ਕੁਝ ਕਰਾਂਦਾ ਹੈ, ਹਰੇਕ ਜੀਵ ਦੇ ਸਿਰ ਉਤੇ ਲਿਖੇ ਲੇਖ ਅਨੁਸਾਰ ਪ੍ਰਭੂ ਆਪ ਹੀ ਹਰੇਕ ਨੂੰ ਮਾਇਆ ਵਾਲੀ ਦੌੜ-ਭੱਜ ਵਿਚ ਲਾਈ ਰੱਖਦਾ ਹੈ । ਪ੍ਰਭੂ ਆਪ ਹੀ (ਜੀਵਾਂ ਨੂੰ) ਪੈਦਾ ਕਰ ਕੇ ਆਪ ਹੀ ਨਾਸ ਕਰਦਾ ਹੈ, ਆਪ ਹੀ (ਸਭ ਦੀ) ਸੰਭਾਲ ਕਰਦਾ ਹੈ, ਗੁਰੂ ਦੀ ਸਰਨ ਪਾ ਕੇ ਆਪ ਹੀ (ਸਹੀ ਜੀਵਨ-ਰਾਹ ਦੀ) ਸੋਝੀ ਦੇਂਦਾ ਹੈ ।੧੪।

ਹੇ ਭਾਈ! ਮਾਲਕ-ਪ੍ਰਭੂ ਸਦਾ ਕਾਇਮ ਰਹਿਣ ਵਾਲਾ ਹੈ, ਅਥਾਹ ਹੈ, ਵੱਡੇ ਜਿਗਰੇ ਵਾਲਾ ਹੈ । ਜਦੋਂ ਮੈਂ ਸਦਾ ਉਸ ਦੀ ਸਿਫ਼ਤਿ-ਸਾਲਾਹ ਕਰਦਾ ਹਾਂ, ਤਾਂ ਮੇਰਾ ਮਨ ਧੀਰਜ ਵਾਲਾ ਰਹਿੰਦਾ ਹੈ । ਹੇ ਭਾਈ! ਉਸ ਅਪਹੁੰਚ ਤੇ ਅਗੋਚਰ ਪਰਮਾਤਮਾ ਦਾ ਮੁੱਲ ਨਹੀਂ ਪਾਇਆ ਜਾ ਸਕਦਾ (ਕਿਸੇ ਦੁਨੀਆਵੀ ਪਦਾਰਥ ਦੇ ਵੱਟੇ ਉਹ ਮਿਲ ਨਹੀਂ ਸਕਦਾ) । ਗੁਰੂ ਦੀ ਸਰਨ ਪਾ ਕੇ (ਆਪਣਾ ਨਾਮ ਮਨੁੱਖ ਦੇ) ਮਨ ਵਿਚ ਵਸਾਂਦਾ ਹੈ ।੧੫।

ਹੇ ਭਾਈ! ਪਰਮਾਤਮਾ ਆਪ ਨਿਰਲੇਪ ਹੈ, ਹੋਰ ਸਾਰੀ ਲੁਕਾਈ ਮਾਇਆ ਦੀ ਦੌੜ-ਭੱਜ ਵਿਚ ਖਚਿਤ ਰਹਿੰਦੀ ਹੈ । ਕੋਈ ਵਿਰਲਾ ਮਨੁੱਖ ਗੁਰੂ ਦੀ ਕਿਰਪਾ ਦੀ ਰਾਹੀਂ (ਉਸ ਨਾਲ) ਸਾਂਝ ਪਾਂਦਾ ਹੈ । ਹੇ ਨਾਨਕ! (ਜਿਸ ਉਤੇ ਗੁਰੂ ਦੀ ਕਿਰਪਾ ਹੁੰਦੀ ਹੈ) ਉਸ ਮਨੁੱਖ ਦੇ ਹਿਰਦੇ ਵਿਚ ਪਰਮਾਤਮਾ ਦਾ ਨਾਮ ਆ ਵੱਸਦਾ ਹੈ । ਗੁਰੂ ਦੀ ਮਤਿ ਵਿਚ ਜੋੜ ਕੇ (ਪ੍ਰਭੂ ਮਨੁੱਖ ਨੂੰ ਆਪਣੇ ਚਰਨਾਂ ਵਿਚ) ਮਿਲਾਂਦਾ ਹੈ ।੧੬।੩।੧੭।

ਮਾਰੂ ਮਹਲਾ ੩ ॥ ਜੁਗ ਛਤੀਹ ਕੀਓ ਗੁਬਾਰਾ ॥ ਤੂ ਆਪੇ ਜਾਣਹਿ ਸਿਰਜਣਹਾਰਾ ॥ ਹੋਰ ਕਿਆ ਕੋ ਕਹੈ ਕਿ ਆਖਿ ਵਖਾਣੈ ਤੂ ਆਪੇ ਕੀਮਤਿ ਪਾਇਦਾ ॥੧॥ ਓਅੰਕਾਰਿ ਸਭ ਸ੍ਰਿਸਟਿ ਉਪਾਈ ॥ ਸਭੁ ਖੇਲੁ ਤਮਾਸਾ ਤੇਰੀ ਵਡਿਆਈ ॥ ਆਪੇ ਵੇਕ ਕਰੇ ਸਭਿ ਸਾਚਾ ਆਪੇ ਭੰਨਿ ਘੜਾਇਦਾ ॥੨॥ ਬਾਜੀਗਰਿ ਇਕ ਬਾਜੀ ਪਾਈ ॥ ਪੂਰੇ ਗੁਰ ਤੇ ਨਦਰੀ ਆਈ ॥ ਸਦਾ ਅਲਿਪਤੁ ਰਹੈ ਗੁਰ ਸਬਦੀ ਸਾਚੇ ਸਿਉ ਚਿਤੁ ਲਾਇਦਾ ॥੩॥ ਬਾਜਹਿ ਬਾਜੇ ਧੁਨਿ ਆਕਾਰਾ ॥ ਆਪਿ ਵਜਾਏ ਵਜਾਵਣਹਾਰਾ ॥ ਘਟਿ ਘਟਿ ਪਉਣੁ ਵਹੈ ਇਕ ਰੰਗੀ ਮਿਲਿ ਪਵਣੈ ਸਭ ਵਜਾਇਦਾ ॥੪॥ {ਪੰਨਾ ੧੦੬੧}

ਪਦ ਅਰਥ :—ਜੁਗ ਛਤੀਹ—ਛੱਤੀ ਜੁਗ, ਅਨੇਕਾਂ ਜੁਗ, ਬੇਅੰਤ ਸਮਾ । ਗੁਬਾਰਾ—ਘੁੱਪ ਹਨੇਰਾ, ਅਜਿਹੀ ਹਾਲਤ ਜੋ ਮਨੁੱਖ ਦੀ ਸਮਝ ਤੋਂ ਪਰੇ ਹੈ । ਸਿਰਜਣਹਾਰਾ—ਹੇ ਸਿਰਜਣਹਾਰ! ਕੋ—ਕੋਈ ਜੀਵ । ਹੋਰ ਕਿਆ ਕਹੈ—ਕੁਝ ਭੀ ਨਹੀਂ ਦੱਸ ਸਕਦਾ । ਆਖਿ—ਆਖ ਕੇ । ਕਿ ਵਖਾਣੈ—ਕੀਹ ਬਿਆਨ ਕਰੇ? ਕੁਝ ਭੀ ਬਿਆਨ ਨਹੀਂ ਕਰ ਸਕਦਾ ।੧।

ਓਅੰਕਾਰਿ—ਓਅੰਕਾਰ ਨੇ, ਪਰਮਾਤਮਾ ਨੇ । ਵੇਕ—ਵਖ ਵਖ । ਸਭਿ—ਸਾਰੇ । ਸਾਚਾ—ਸਦਾ ਕਾਇਮ ਰਹਿਣ ਵਾਲਾ ਪਰਮਾਤਮਾ । ਭੰਨਿ—ਭੰਨ ਕੇ, ਨਾਸ ਕਰ ਕੇ ।੨।

ਬਾਜੀਗਰਿ—ਬਾਜੀਗਰ ਨੇ । ਬਾਜੀ ਪਾਈ—ਤਮਾਸ਼ਾ ਰਚਿਆ ਹੈ । ਤੇ—ਤੋਂ, ਪਾਸੋਂ । ਨਦਰੀ ਆਈ—ਦਿੱਸ ਪਈ । ਅਲਿਪਤੁ—ਨਿਰਲੇਪ । ਸਬਦੀ—ਸ਼ਬਦ ਦੀ ਰਾਹੀਂ । ਸਿਉ—ਨਾਲ ।੩।

ਆਕਾਰਾ—ਸਾਰੇ (ਦਿੱਸ ਰਹੇ) ਸਰੀਰ । ਬਾਜਹਿ—ਵੱਜ ਰਹੇ ਹਨ । ਧੁਨਿ—ਸੁਰ (ਨਾਲ) । ਘਟਿ ਘਟਿ—ਹਰੇਕ ਸਰੀਰ ਵਿਚ । ਪਉਣੁ—ਹਵਾ, ਸਾਹ । ਵਹੈ—ਚੱਲ ਰਿਹਾ ਹੈ । ਇਕ ਰੰਗੀ—ਇਕ-ਰਸ ਰਹਿਣ ਵਾਲੇ ਪਰਮਾਤਮਾ ਦੀ । ਮਿਲਿ—ਮਿਲ ਕੇ । ਪਵਣੈ—ਪਵਣ ਵਿਚ, ਸੁਆਸ ਵਿਚ ।੪।

ਅਰਥ :—ਹੇ ਸਿਰਜਣਹਾਰ! (ਜਗਤ-ਰਚਨਾ ਤੋਂ ਪਹਿਲਾਂ) ਬੇਅੰਤ ਸਮਾ ਤੂੰ ਅਜਿਹੀ ਹਾਲਤ ਬਣਾਈ ਰੱਖੀ ਜੋ ਜੀਵਾਂ ਦੀ ਸਮਝ ਤੋਂ ਪਰੇ ਹੈ । ਤੂੰ ਆਪ ਹੀ

ਜਾਣਦਾ ਹੈਂ (ਕਿ ਉਹ ਹਾਲਤ ਕੀਹ ਸੀ) । (ਉਸ ਗੁਬਾਰ ਦੀ ਬਾਬਤ) ਕੋਈ ਜੀਵ ਕੁਝ ਭੀ ਨਹੀਂ ਕਹਿ ਸਕਦਾ, ਕੋਈ ਜੀਵ ਆਖ ਕੇ ਕੁਝ ਭੀ ਨਹੀਂ ਬਿਆਨ ਕਰ ਸਕਦਾ । ਤੂੰ ਆਪ ਹੀ ਉਸ ਦੀ ਅਸਲੀਅਤ ਜਾਣਦਾ ਹੈਂ ।੧।

ਹੇ ਭਾਈ! ਪਰਮਾਤਮਾ ਨੇ ਆਪ ਸਾਰੀ ਸ੍ਰਿਸ਼ਟੀ ਪੈਦਾ ਕੀਤੀ । ਹੇ ਪ੍ਰਭੂ! (ਤੇਰਾ ਰਚਿਆ ਇਹ ਜਗਤ) ਸਾਰਾ ਤੇਰਾ ਖੇਲ-ਤਮਾਸ਼ਾ ਹੈ, ਤੇਰੀ ਹੀ ਵਡਿਆਈ ਹੈ । ਹੇ ਭਾਈ! ਪਰਮਾਤਮਾ ਆਪ ਹੀ ਸਾਰੇ ਜੀਵਾਂ ਨੂੰ ਵਖ ਵਖ ਕਿਸਮ ਦੇ ਬਣਾਂਦਾ ਹੈ, ਆਪ ਹੀ ਨਾਸ ਕਰ ਕੇ ਆਪ ਹੀ ਪੈਦਾ ਕਰਦਾ ਹੈ ।੨।

ਹੇ ਭਾਈ! (ਪ੍ਰਭੂ-) ਬਾਜੀਗਰ ਨੇ (ਇਹ ਜਗਤ) ਇਕ ਤਮਾਸ਼ਾ ਰਚਿਆ ਹੋਇਆ ਹੈ । ਜਿਸ ਮਨੁੱਖ ਨੂੰ ਪੂਰੇ ਗੁਰੂ ਪਾਸੋਂ ਇਹ ਸਮਝ ਆ ਗਈ, ਉਹ ਮਨੁੱਖ ਗੁਰੂ ਦੇ ਸ਼ਬਦ ਵਿਚ ਜੁੜ ਕੇ (ਇਸ ਜਗਤ-ਤਮਾਸ਼ੇ ਵਿਚ) ਨਿਰਲੇਪ ਰਹਿੰਦਾ ਹੈ, ਉਹ ਮਨੁੱਖ ਸਦਾ-ਥਿਰ ਪਰਮਾਤਮਾ ਨਾਲ ਆਪਣਾ ਮਨ ਜੋੜੀ ਰੱਖਦਾ ਹੈ ।੩।

ਹੇ ਭਾਈ! ਇਹ ਸਾਰੇ ਦਿੱਸ ਰਹੇ ਸਰੀਰ (ਮਿੱਠੀ ਸੁਰ) ਨਾਲ (ਮਾਨੋ) ਵਾਜੇ ਵੱਜ ਰਹੇ ਹਨ । ਵਜਾਣ ਦੀ ਸਮਰਥਾ ਵਾਲਾ ਪ੍ਰਭੂ ਆਪ ਹੀ ਇਹ (ਸਰੀਰ-) ਵਾਜੇ ਵਜਾ ਰਿਹਾ ਹੈ । ਹਰੇਕ ਸਰੀਰ ਵਿਚ ਉਸ ਸਦਾ ਇਕ-ਰੰਗ ਰਹਿਣ ਵਾਲੇ ਪਰਮਾਤਮਾ ਦਾ ਬਣਾਇਆ ਹੋਇਆ ਸੁਆਸ ਚੱਲ ਰਿਹਾ ਹੈ, (ਉਸ ਆਪਣੇ ਪੈਦਾ ਕੀਤੇ) ਪਉਣ ਵਿਚ ਮਿਲ ਕੇ ਪਰਮਾਤਮਾ ਇਹ ਸਾਰੇ ਵਾਜੇ ਵਜਾ ਰਿਹਾ ਹੈ ।੪।

ਕਰਤਾ ਕਰੇ ਸੁ ਨਿਹਚਉ ਹੋਵੈ ॥ ਗੁਰ ਕੈ ਸਬਦੇ ਹਉਮੈ ਖੋਵੈ ॥ ਗੁਰ ਪਰਸਾਦੀ ਕਿਸੈ ਦੇ ਵਡਿਆਈ ਨਾਮੋ ਨਾਮੁ ਧਿਆਇਦਾ ॥੫॥ ਗੁਰ ਸੇਵੇ ਜੇਵਡੁ ਹੋਰੁ ਲਾਹਾ ਨਾਹੀ ॥ ਨਾਮੁ ਮੰਨਿ ਵਸੈ ਨਾਮੋ ਸਾਲਾਹੀ ॥ ਨਾਮੋ ਨਾਮੁ ਸਦਾ ਸੁਖਦਾਤਾ ਨਾਮੋ ਲਾਹਾ ਪਾਇਦਾ ॥੬॥ ਬਿਨੁ ਨਾਵੈ ਸਭ ਦੁਖੁ ਸੰਸਾਰਾ ॥ ਬਹੁ ਕਰਮ ਕਮਾਵਹਿ ਵਧਹਿ ਵਿਕਾਰਾ ॥ ਨਾਮੁ ਨ ਸੇਵਹਿ ਕਿਉ ਸੁਖੁ ਪਾਈਐ ਬਿਨੁ ਨਾਵੈ ਦੁਖੁ ਪਾਇਦਾ ॥੭॥ ਆਪਿ ਕਰੇ ਤੈ ਆਪਿ ਕਰਾਏ ॥ ਗੁਰ ਪਰਸਾਦੀ ਕਿਸੈ ਬੁਝਾਏ ॥ ਗੁਰਮੁਖਿ ਹੋਵਹਿ ਸੇ ਬੰਧਨ ਤੋੜਹਿ ਮੁਕਤੀ ਕੈ ਘਰਿ ਪਾਇਦਾ ॥੮॥ {ਪੰਨਾ ੧੦੬੨}

ਪਦ ਅਰਥ :—ਨਿਹਚਉ—ਜ਼ਰੂਰ । ਕੈ ਸਬਦੇ—ਦੇ ਸ਼ਬਦ ਦੀ ਰਾਹੀਂ । ਪਰਸਾਦੀ—ਪਰਸਾਦਿ, ਕਿਰਪਾ ਨਾਲ । ਕਿਸੈ—(ਜਿਸ) ਵਿਰਲੇ ਨੂੰ । ਦੇ—ਦੇਂਦਾ ਹੈ । ਨਾਮੋ ਨਾਮੁ—ਨਾਮ ਹੀ ਨਾਮ, ਹਰ ਵੇਲੇ ਨਾਮ ।੫।

ਜੇਵਡੁ—ਜੇਡਾ, ਬਰਾਬਰ ਦਾ । ਲਾਹਾ—ਲਾਭ । ਮੰਨਿ—ਮਨਿ, ਮਨ ਵਿਚ । ਸਾਲਾਹੀ—ਸਾਲਾਹਿ, ਸਲਾਹੁੰਦੇ ਹਨ ।੬।

ਸੰਸਾਰ—ਸੰਸਾਰਿ, ਸੰਸਾਰ ਵਿਚ । ਨ ਸੇਵਹਿ—ਨਹੀਂ ਸਿਮਰਦੇ । ਕਿਉ ਪਾਈਐ—ਕਿਵੇਂ ਪ੍ਰਾਪਤ ਹੋ ਸਕਦਾ ਹੈ? ।੭।

ਤੈ—ਅਤੇ । ਕਿਸੈ—ਕਿਸੇ ਵਿਰਲੇ ਨੂੰ । ਬੁਝਾਏ—ਸਮਝ ਬਖ਼ਸ਼ਦਾ ਹੈ । ਸੇ—ਉਹ {ਬਹੁ-ਵਚਨ} । ਮੁਕਤੀ ਕੈ ਘਰਿ—ਮੁਕਤੀ ਦੇ ਘਰ ਵਿਚ, ਉਸ ਘਰ ਵਿਚ ਜਿਥੇ ਵਿਕਾਰਾਂ ਤੋਂ ਖ਼ਲਾਸੀ ਹੋਈ ਰਹਿੰਦੀ ਹੈ ।੮।

ਅਰਥ :—ਹੇ ਭਾਈ! ਗੁਰੂ ਦੀ ਕਿਰਪਾ ਨਾਲ (ਜਿਸ) ਕਿਸੇ (ਵਿਰਲੇ ਮਨੁੱਖ) ਨੂੰ ਪਰਮਾਤਮਾ ਵਡਿਆਈ ਦੇਂਦਾ ਹੈ, ਉਹ ਮਨੁੱਖ ਹਰ ਵੇਲੇ ਹਰਿ-ਨਾਮ ਹੀ ਸਿਮਰਦਾ ਹੈ, (ਉਸ ਮਨੁੱਖ ਨੂੰ ਨਿਸ਼ਚਾ ਹੋ ਜਾਂਦਾ ਹੈ ਕਿ) ਜੋ ਕੁਝ ਪਰਮਾਤਮਾ ਕਰਦਾ ਹੈ ਉਹ ਜ਼ਰੂਰ ਹੁੰਦਾ ਹੈ, ਉਹ ਮਨੁੱਖ ਗੁਰੂ ਦੇ ਸ਼ਬਦ ਦੀ ਬਰਕਤਿ ਨਾਲ (ਆਪਣੇ ਅੰਦਰੋਂ) ਹਉਮੈ ਦੂਰ ਕਰ ਲੈਂਦਾ ਹੈ ।੫।

ਹੇ ਭਾਈ! ਗੁਰੂ ਦੀ ਸਰਨ ਪੈਣ ਦੇ ਬਰਾਬਰ (ਜਗਤ ਵਿਚ) ਹੋਰ ਕੋਈ ਲਾਭ ਨਹੀਂ ਹੈ । (ਜਿਹੜੇ ਮਨੁੱਖ ਗੁਰੂ ਦੀ ਸਰਨ ਪੈਂਦੇ ਹਨ, ਉਹਨਾਂ ਦੇ) ਮਨ ਵਿਚ (ਪਰਮਾਤਮਾ ਦਾ) ਨਾਮ ਆ ਵੱਸਦਾ ਹੈ, ਉਹ ਹਰ ਵੇਲੇ ਹਰਿ-ਨਾਮ ਦੀ ਸਿਫ਼ਤਿ ਕਰਦੇ ਹਨ । ਹੇ ਭਾਈ! ਪਰਮਾਤਮਾ ਦਾ ਨਾਮ ਹੀ ਸਦਾ ਸੁਖ ਦੇਣ ਵਾਲਾ ਹੈ । ਹਰਿ-ਨਾਮ ਹੀ (ਅਸਲ) ਲਾਭ ਮਨੁੱਖ ਖੱਟਦਾ ਹੈ ।੬।

ਹੇ ਭਾਈ! ਹਰਿ-ਨਾਮ ਤੋਂ ਖੁੰਝਿਆਂ ਜਗਤ ਵਿਚ ਹਰ ਪਾਸੇ ਦੁੱਖ ਹੀ ਦੁੱਖ ਹੈ । (ਜਿਹੜੇ ਮਨੁੱਖ ਨਾਮ ਨੂੰ ਭੁਲਾ ਕੇ ਧਾਰਮਿਕ ਮਿਥੇ ਹੋਏ ਹੋਰ) ਅਨੇਕਾਂ ਕਰਮ ਕਰਦੇ ਹਨ (ਉਹਨਾਂ ਦੇ ਅੰਦਰ ਸਗੋਂ) ਵਿਕਾਰ ਵਧਦੇ ਹਨ । ਹੇ ਭਾਈ! ਜੇ ਮਨੁੱਖ ਨਾਮ ਨਹੀਂ ਸਿਮਰਦੇ ਤਾਂ ਆਤਮਕ ਆਨੰਦ ਕਿਵੇਂ ਮਿਲ ਸਕਦਾ ਹੈ? ਨਾਮ ਤੋਂ ਖੁੰਝ ਕੇ ਮਨੁੱਖ ਦੁੱਖ ਹੀ ਸਹੇੜਦਾ ਹੈ ।੭।

ਹੇ ਭਾਈ! ਗੁਰੂ ਦੀ ਕਿਰਪਾ ਨਾਲ ਕਿਸੇ (ਵਿਰਲੇ) ਨੂੰ ਪਰਮਾਤਮਾ ਇਹ ਸਮਝ ਦੇਂਦਾ ਹੈ ਕਿ ਪਰਮਾਤਮਾ ਆਪ ਹੀ ਸਭ ਕੁਝ ਕਰ ਰਿਹਾ ਹੈ ਅਤੇ (ਜੀਵਾਂ ਪਾਸੋਂ) ਕਰਾ ਰਿਹਾ ਹੈ । ਜਿਹੜੇ ਮਨੁੱਖ ਗੁਰੂ ਦੇ ਸਨਮੁਖ ਰਹਿੰਦੇ ਹਨ, ਉਹ (ਆਪਣੇ ਅੰਦਰੋਂ ਮਾਇਆ ਦੇ ਮੋਹ ਦੇ) ਬੰਧਨ ਤੋੜ ਲੈਂਦੇ ਹਨ । ਗੁਰੂ ਉਹਨਾਂ ਨੂੰ ਉਸ ਆਤਮਕ ਟਿਕਾਣੇ ਵਿਚ ਰੱਖਦਾ ਹੈ ਜਿੱਥੇ ਉਹਨਾਂ ਨੂੰ ਵਿਕਾਰਾਂ ਵੱਲੋਂ ਖ਼ਲਾਸੀ ਮਿਲੀ ਰਹਿੰਦੀ ਹੈ ।੮।

ਗਣਤ ਗਣੈ ਸੋ ਜਲੈ ਸੰਸਾਰਾ ॥ ਸਹਸਾ ਮੂਲਿ ਨ ਚੁਕੈ ਵਿਕਾਰਾ ॥ ਗੁਰਮੁਖਿ ਹੋਵੈ ਸੁ ਗਣਤ ਚੁਕਾਏ ਸਚੇ ਸਚਿ ਸਮਾਇਦਾ ॥੯॥ ਜੇ ਸਚੁ ਦੇਇ ਤ ਪਾਏ ਕੋਈ ॥ ਗੁਰ ਪਰਸਾਦੀ ਪਰਗਟੁ ਹੋਈ ॥ ਸਚੁ ਨਾਮੁ ਸਾਲਾਹੇ ਰੰਗਿ ਰਾਤਾ ਗੁਰ ਕਿਰਪਾ ਤੇ ਸੁਖੁ ਪਾਇਦਾ ॥੧੦॥ ਜਪੁ ਤਪੁ ਸੰਜਮੁ ਨਾਮੁ ਪਿਆਰਾ ॥ ਕਿਲਵਿਖ ਕਾਟੇ ਕਾਟਣਹਾਰਾ ॥ ਹਰਿ ਕੈ ਨਾਮਿ ਤਨੁ ਮਨੁ ਸੀਤਲੁ ਹੋਆ ਸਹਜੇ ਸਹਜਿ ਸਮਾਇਦਾ ॥੧੧॥ ਅੰਤਰਿ ਲੋਭੁ ਮਨਿ ਮੈਲੈ ਮਲੁ ਲਾਏ ॥ ਮੈਲੇ ਕਰਮ ਕਰੇ ਦੁਖੁ ਪਾਏ ॥ ਕੂੜੋ ਕੂੜੁ ਕਰੇ ਵਾਪਾਰਾ ਕੂੜੁ ਬੋਲਿ ਦੁਖੁ ਪਾਇਦਾ ॥੧੨॥ {ਪੰਨਾ ੧੦੬੨}

ਪਦ ਅਰਥ :—ਗਣਤ—ਮਾਇਆ ਬਾਰੇ ਚਿੰਤਾ-ਫ਼ਿਕਰ, ਗਿਣਤੀਆਂ । ਗਣੈ—ਗਿਣਦਾ ਰਹਿੰਦਾ ਹੈ । ਜਲੈ—(ਤ੍ਰਿਸ਼ਨਾ ਦੀ ਅੱਗ ਵਿਚ) ਸੜਦਾ ਰਹਿੰਦਾ ਹੈ । ਸੰਸਾਰਾ—ਸੰਸਾਰਿ, ਜਗਤ ਵਿਚ । ਸਹਸਾ—(ਮਾਇਆ ਬਾਰੇ) ਸਹਮ । ਮੂਲਿ—ਬਿਲਕੁਲ । ਚੁਕੈ—ਮੁੱਕਦਾ । ਵਿਕਾਰਾ—ਬੇ-ਕਾਰ, ਵਿਅਰਥ । ਗੁਰਮੁਖਿ—ਗੁਰੂ ਦੇ ਸਨਮੁਖ । ਚੁਕਾਏ—ਮੁਕਾ ਦੇਂਦਾ ਹੈ । ਸਚੇ ਸਚਿ—ਹਰ ਵੇਲੇ ਸਦਾ-ਥਿਰ ਪ੍ਰਭੂ ਵਿਚ ।੯।

ਸਚੁ—ਸਦਾ ਕਾਇਮ ਰਹਿਣ ਵਾਲਾ ਪਰਮਾਤਮਾ । ਦੇਇ—ਦੇਵੇ । ਪਰਸਾਦੀ—ਪਰਸਾਦਿ, ਕਿਰਪਾ ਨਾਲ । ਰੰਗਿ—ਪ੍ਰੇਮ-ਰੰਗ ਵਿਚ । ਰਾਤਾ—ਰੰਗਿਆ ਹੋਇਆ । ਤੇ—ਤੋਂ, ਦੀ ਰਾਹੀਂ ।੧੦।

ਜਪੁ—(ਦੇਵਤਿਆਂ ਨੂੰ ਪ੍ਰਸੰਨ ਕਰਨ ਵਾਸਤੇ) ਮੰਤ੍ਰਾਂ ਦਾ ਜਾਪ । ਤਪੁ—ਧੂਣੀਆਂ ਤਪਾ ਕੇ ਪੁੱਠੇ ਲਟਕ ਕੇ ਅਜਿਹੇ ਤਰੀਕਿਆਂ ਨਾਲ ਸਰੀਰ ਨੂੰ ਕਸ਼ਟ ਦੇਣੇ । ਸੰਜਮੁ—ਪਾਪ । ਕਾਟਣਹਾਰਾ—ਕੱਟਣ ਦੀ ਸਮਰੱਥਾ ਵਾਲਾ ਪ੍ਰਭੂ । ਕੈ ਨਾਮਿ—ਦੇ ਨਾਮ ਦੀ ਰਾਹੀਂ । ਸਹਜੇ ਸਹਜਿ—ਹਰ ਵੇਲੇ ਸਹਜ (ਆਤਮਕ ਅਡੋਲਤਾ) ਵਿਚ ।੧੧।

ਅੰਤਰਿ—ਅੰਦਰ । ਮਨਿ ਮੈਲੈ—ਮਨ ਮੈਲਾ ਰਹਿਣ ਦੇ ਕਾਰਨ । ਕੂੜੋ ਕੂੜੁ ਵਾਪਾਰਾ—ਹਰ ਵੇਲੇ ਨਾਸਵੰਤ ਪਦਾਰਥਾਂ ਦੇ ਕਮਾਣ ਦਾ ਧੰਧਾ । ਬੋਲਿ—ਬੋਲ ਕੇ । ਕੂੜੁ—ਝੂਠ ।੧੨।

ਅਰਥ :—ਹੇ ਭਾਈ! ਜਿਹੜਾ ਮਨੁੱਖ ਹਰ ਵੇਲੇ ਮਾਇਆ ਦੀਆਂ ਗਿਣਤੀਆਂ ਗਿਣਦਾ ਰਹਿੰਦਾ ਹੈ, ਉਹ ਜਗਤ ਵਿਚ ਸਦਾ (ਤ੍ਰਿਸ਼ਨਾ ਦੀ ਅੱਗ ਵਿਚ) ਸੜਦਾ ਰਹਿੰਦਾ ਹੈ, ਉਸ ਦਾ ਇਹ ਵਿਅਰਥ ਸਹਮ ਕਦੇ ਭੀ ਨਹੀਂ ਮੁੱਕਦਾ । ਜਿਹੜਾ ਮਨੁੱਖ ਗੁਰੂ ਦੀ ਸਰਨ ਪੈਂਦਾ ਹੈ, ਉਹ ਦੁਨੀਆ ਵਾਲੇ ਚਿੰਤਾ-ਫ਼ਿਕਰ ਮੁਕਾਈ ਰੱਖਦਾ ਹੈ, ਉਹ ਹਰ ਵੇਲੇ ਸਦਾ ਕਾਇਮ ਰਹਿਣ ਵਾਲੇ ਪਰਮਾਤਮਾ ਦੀ ਯਾਦ ਵਿਚ ਲੀਨ ਰਹਿੰਦਾ ਹੈ ।੯।

ਪਰ, ਹੇ ਭਾਈ! ਜੇ ਸਦਾ ਕਾਇਮ ਰਹਿਣ ਵਾਲਾ ਪਰਮਾਤਮਾ (ਆਪ ਹੀ ਇਹ ਬੇ-ਫ਼ਿਕਰੀ) ਬਖ਼ਸ਼ੇ, ਤਦੋਂ ਹੀ ਕੋਈ ਮਨੁੱਖ ਇਸ ਨੂੰ ਪ੍ਰਾਪਤ ਕਰਦਾ ਹੈ । ਗੁਰੂ ਦੀ ਕਿਰਪਾ ਨਾਲ (ਪ੍ਰਭੂ ਉਸ ਦੇ ਅੰਦਰ) ਪਰਗਟ ਹੋ ਜਾਂਦਾ ਹੈ । ਉਹ ਮਨੁੱਖ ਗੁਰੂ ਦੀ ਕਿਰਪਾ ਨਾਲ ਪ੍ਰੇਮ-ਰੰਗ ਵਿਚ ਮਸਤ ਰਹਿ ਕੇ ਸਦਾ-ਥਿਰ ਹਰਿ-ਨਾਮ ਸਿਮਰਦਾ ਹੈ, ਤੇ, ਆਤਮਕ ਆਨੰਦ ਮਾਣਦਾ ਰਹਿੰਦਾ ਹੈ ।੧੦।

ਹੇ ਭਾਈ! ਪਰਮਾਤਮਾ ਦਾ ਮਿੱਠਾ ਨਾਮ (ਜਪਣਾ ਹੀ) ਜਪ ਹੈ ਤਪ ਹੈ ਸੰਜਮ ਹੈ । (ਜਿਹੜਾ ਮਨੁੱਖ ਨਾਮ ਜਪਦਾ ਹੈ ਉਸ ਦੇ ਸਾਰੇ) ਪਾਪ (ਪਾਪ) ਕੱਟਣ ਦੀ ਸਮਰੱਥਾ ਰੱਖਣ ਵਾਲਾ ਪਰਮਾਤਮਾ ਕੱਟ ਦੇਂਦਾ ਹੈ । ਪਰਮਾਤਮਾ ਦੇ ਨਾਮ ਵਿਚ ਜੁੜਨ ਦੀ ਬਰਕਤਿ ਨਾਲ ਉਸ ਦਾ ਤਨ ਉਸ ਦਾ ਮਨ ਸ਼ਾਂਤ ਰਹਿੰਦਾ ਹੈ, ਉਹ ਸਦਾ ਹੀ ਆਤਮਕ ਅਡੋਲਤਾ ਵਿਚ ਟਿਕਿਆ ਰਹਿੰਦਾ ਹੈ ।੧੧।

ਹੇ ਭਾਈ! ਜਿਸ ਮਨੁੱਖ ਦੇ ਅੰਦਰ (ਮਾਇਆ ਦਾ) ਲਾਲਚ ਟਿਕਿਆ ਰਹਿੰਦਾ ਹੈ (ਉਸ ਦਾ ਮਨ ਹਰ ਵੇਲੇ ਮੈਲਾ ਰਹਿੰਦਾ ਹੈ), ਮੈਲੇ ਮਨ ਦੇ ਕਾਰਨ ਉਹ ਮਨੁੱਖ ਲਾਲਚ ਦੀ ਹੋਰ ਮੈਲ (ਆਪਣੇ ਮਨ ਨੂੰ) ਲਾਂਦਾ ਰਹਿੰਦਾ ਹੈ । (ਜਿਉਂ ਜਿਉਂ ਲਾਲਚ ਦੇ ਅਧੀਨ ਉਹ) ਮੈਲੇ ਕਰਮ ਕਰਦਾ ਹੈ, ਉਹ (ਆਤਮਕ) ਦੁੱਖ ਪਾਂਦਾ ਹੈ । ਉਹ ਸਦਾ ਨਾਸਵੰਤ ਪਦਾਰਥਾਂ ਦੇ ਕਮਾਣ ਦਾ ਧੰਧਾ ਹੀ ਕਰਦਾ ਹੈ, ਤੇ ਝੂਠ ਬੋਲ ਬੋਲ ਕੇ ਦੁੱਖ ਸਹਿੰਦਾ ਹੈ ।੧੨।

ਨਿਰਮਲ ਬਾਣੀ ਕੋ ਮੰਨਿ ਵਸਾਏ ॥ ਗੁਰ ਪਰਸਾਦੀ ਸਹਸਾ ਜਾਏ ॥ ਗੁਰ ਕੈ ਭਾਣੈ ਚਲੈ ਦਿਨੁ ਰਾਤੀ ਨਾਮੁ ਚੇਤਿ ਸੁਖੁ ਪਾਇਦਾ ॥੧੩॥ ਆਪਿ ਸਿਰੰਦਾ ਸਚਾ ਸੋਈ ॥ ਆਪਿ ਉਪਾਇ ਖਪਾਏ ਸੋਈ ॥ ਗੁਰਮੁਖਿ ਹੋਵੈ ਸੁ ਸਦਾ ਸਲਾਹੇ ਮਿਲਿ ਸਾਚੇ ਸੁਖੁ ਪਾਇਦਾ ॥੧੪॥ ਅਨੇਕ ਜਤਨ ਕਰੇ ਇੰਦ੍ਰੀ ਵਸਿ ਨ ਹੋਈ ॥ ਕਾਮਿ ਕਰੋਧਿ ਜਲੈ ਸਭੁ ਕੋਈ ॥ ਸਤਿਗੁਰ ਸੇਵੇ ਮਨੁ ਵਸਿ ਆਵੈ ਮਨ ਮਾਰੇ ਮਨਹਿ ਸਮਾਇਦਾ ॥੧੫॥ ਮੇਰਾ ਤੇਰਾ ਤੁਧੁ ਆਪੇ ਕੀਆ ॥ ਸਭਿ ਤੇਰੇ ਜੰਤ ਤੇਰੇ ਸਭਿ ਜੀਆ ॥ ਨਾਨਕ ਨਾਮੁ ਸਮਾਲਿ ਸਦਾ ਤੂ ਗੁਰਮਤੀ ਮੰਨਿ ਵਸਾਇਦਾ ॥੧੬॥੪॥੧੮॥ {ਪੰਨਾ ੧੦੬੨}

ਪਦ ਅਰਥ :—ਨਿਰਮਲ—(ਜੀਵਨ ਨੂੰ) ਪਵਿੱਤਰ ਕਰਨ ਵਾਲੀ । ਕੋ—ਜਿਹੜਾ ਕੋਈ ਮਨੁੱਖ । ਮੰਨਿ—ਮਨਿ, ਮਨ ਵਿਚ । ਪਰਸਾਦੀ—ਪਰਸਾਦਿ, ਕਿਰਪਾ ਨਾਲ । ਸਹਸਾ—ਸਹਮ । ਕੈ ਭਾਣੈ—ਦੀ ਰਜ਼ਾ ਵਿਚ, ਦੇ ਹੁਕਮ ਵਿਚ । ਚੇਤਿ—ਯਾਦ ਕਰ ਕੇ, ਸਿਮਰ ਕੇ ।੧੩।

ਸਿਰੰਦਾ—ਪੈਦਾ ਕਰਨ ਵਾਲਾ । ਸਚਾ—ਸਦਾ-ਥਿਰ ਪ੍ਰਭੂ । ਉਪਾਇ—ਪੈਦਾ ਕਰ ਕੇ । ਖਪਾਏ—ਨਾਸ ਕਰਦਾ ਹੈ । ਸੋਈ—ਉਹ (ਆਪ) ਹੀ । ਗੁਰਮੁਖਿ—ਗੁਰੂ ਦੇ ਸਨਮੁਖ । ਸਲਾਹੇ—ਸਿਫ਼ਤਿ-ਸਾਲਾਹ ਕਰਦਾ ਹੈ । ਮਿਲਿ—ਮਿਲ ਕੇ ।੧੪।

ਇੰਦ੍ਰੀ—ਕਾਮ-ਵਾਸਨਾ । ਕਾਮਿ—ਕਾਮ ਵਿਚ । ਕਰੋਧਿ—ਕ੍ਰੋਧ ਵਿਚ । ਸਭੁ ਕੋਈ—ਹਰੇਕ ਜੀਵ । ਸਤਿਗੁਰ ਸੇਵੇ—ਗੁਰੂ ਦੀ ਸਰਨ ਪਿਆਂ । ਵਸਿ—ਕਾਬੂ ਵਿਚ । ਮਨ ਮਾਰੇ—ਜੇ ਮਨ ਨੂੰ ਮਾਰ ਲਏ, ਜੇ ਮਨ ਨੂੰ ਵੱਸ ਵਿਚ ਕਰ ਲਏ । ਮਨਹਿ—ਮਨਿ ਹੀ, ਮਨ ਵਿਚ ਹੀ {ਕ੍ਰਿਆ ਵਿਸ਼ੇਸ਼ਣ 'ਹੀ' ਦੇ ਕਾਰਨ ਲਫ਼ਜ਼ 'ਮਨਿ' ਦੀ 'ਿ' ਉੱਡ ਗਈ ਹੈ} ।੧੫।

ਮੇਰਾ ਤੇਰਾ—ਮੇਰ-ਤੇਰ, ਵਿਤਕਰਾ । ਆਪੇ—ਆਪ ਹੀ । ਸਭਿ—ਸਾਰੇ । ਸਮਾਲਿ—ਯਾਦ ਕਰਦਾ ਰਹੁ ।੧੬।

ਅਰਥ :—ਹੇ ਭਾਈ! ਜਿਹੜਾ ਕੋਈ ਮਨੁੱਖ (ਜੀਵਨ ਨੂੰ) ਪਵਿੱਤਰ ਕਰਨ ਵਾਲੀ (ਗੁਰ-) ਬਾਣੀ (ਆਪਣੇ) ਮਨ ਵਿਚ ਵਸਾਂਦਾ ਹੈ, ਗੁਰੂ ਦੀ ਕਿਰਪਾ ਨਾਲ (ਉਸ ਦਾ) ਸਹਮ ਦੂਰ ਹੋ ਜਾਂਦਾ ਹੈ । ਉਹ ਮਨੁੱਖ ਦਿਨ ਰਾਤ ਗੁਰੂ ਦੇ ਹੁਕਮ ਵਿਚ ਤੁਰਦਾ ਹੈ, ਹਰਿ-ਨਾਮ ਨੂੰ ਸਿਮਰ ਕੇ ਉਹ ਆਤਮਕ ਆਨੰਦ ਮਾਣਦਾ ਹੈ ।੧੩।

ਹੇ ਭਾਈ! ਸਦਾ ਕਾਇਮ ਰਹਿਣ ਵਾਲਾ ਪਰਮਾਤਮਾ ਆਪ ਹੀ (ਜੀਵਾਂ ਨੂੰ) ਪੈਦਾ ਕਰਨ ਵਾਲਾ ਹੈ, ਆਪ ਪੈਦਾ ਕਰ ਕੇ ਉਹ ਆਪ ਹੀ ਨਾਸ ਕਰਦਾ ਹੈ । ਜਿਹੜਾ ਮਨੁੱਖ ਗੁਰੂ ਦੀ ਸਰਨ ਪੈਂਦਾ ਹੈ ਉਹ ਸਦਾ ਪਰਮਾਤਮਾ ਦੀ ਸਿਫ਼ਤਿ-ਸਾਲਾਹ ਕਰਦਾ ਹੈ, ਸਦਾ-ਥਿਰ ਪ੍ਰਭੂ ਦੇ ਚਰਨਾਂ ਵਿਚ ਮਿਲ ਕੇ ਉਹ ਆਤਮਕ ਆਨੰਦ ਮਾਣਦਾ ਹੈ ।੧੪।

ਹੇ ਭਾਈ! (ਗੁਰੂ ਦੀ ਸਰਨ ਤੋਂ ਬਿਨਾ) ਹੋਰ ਅਨੇਕਾਂ ਜਤਨ ਭੀ ਮਨੁੱਖ ਕਰੇ ਤਾਂ ਭੀ ਕਾਮ-ਵਾਸਨਾ ਕਾਬੂ ਵਿਚ ਨਹੀਂ ਆ ਸਕਦੀ । (ਧਿਆਨ ਮਾਰ ਕੇ ਵੇਖੋ) ਹਰੇਕ ਜੀਵ ਕਾਮ ਵਿਚ ਕ੍ਰੋਧ ਵਿਚ ਸੜ ਰਿਹਾ ਹੈ । ਗੁਰੂ ਦੀ ਸਰਨ ਪਿਆਂ ਹੀ ਮਨ ਕਾਬੂ ਵਿਚ ਆਉਂਦਾ ਹੈ । ਜੇ ਮਨ (ਵਿਕਾਰਾਂ ਵਲੋਂ) ਰੋਕ ਲਿਆ ਜਾਏ ਤਾਂ ਮਨੁੱਖ ਅੰਤਰ ਆਤਮੇ ਟਿਕਿਆ ਰਹਿੰਦਾ ਹੈ (ਵਿਕਾਰਾਂ ਵਲ ਨਹੀਂ ਭਟਕਦਾ) ।੧੫।

ਹੇ ਪ੍ਰਭੂ! (ਜੀਵਾਂ ਦੇ ਮਨ ਵਿਚ) ਮੇਰ-ਤੇਰ ਤੂੰ ਆਪ ਹੀ ਪੈਦਾ ਕੀਤੀ ਹੈ । ਸਾਰੇ ਜੀਵ ਜੰਤ ਤੇਰੇ ਹੀ ਪੈਦਾ ਕੀਤੇ ਹੋਏ ਹਨ । ਹੇ ਨਾਨਕ! ਪਰਮਾਤਮਾ ਦਾ ਨਾਮ ਸਦਾ ਯਾਦ ਕਰਦਾ ਰਹੁ । ਹੇ ਭਾਈ! ਗੁਰੂ ਦੀ ਮਤਿ ਉਤੇ ਤੁਰਿਆਂ (ਪ੍ਰਭੂ ਆਪਣਾ ਨਾਮ ਮਨੁੱਖ ਦੇ) ਮਨ ਵਿਚ ਵਸਾਂਦਾ ਹੈ ।੧੬।੪।੧੮।

ਮਾਰੂ ਮਹਲਾ ੩ ॥ ਹਰਿ ਜੀਉ ਦਾਤਾ ਅਗਮ ਅਥਾਹਾ ॥ ਓਸੁ ਤਿਲੁ ਨ ਤਮਾਇ ਵੇਪਰਵਾਹਾ ॥ ਤਿਸ ਨੋ ਅਪੜਿ ਨ ਸਕੈ ਕੋਈ ਆਪੇ ਮੇਲਿ ਮਿਲਾਇਦਾ ॥੧॥ ਜੋ ਕਿਛੁ ਕਰੈ ਸੁ ਨਿਹਚਉ ਹੋਈ ॥ ਤਿਸੁ ਬਿਨੁ ਦਾਤਾ ਅਵਰੁ ਨ ਕੋਈ ॥ ਜਿਸ ਨੋ ਨਾਮ ਦਾਨੁ ਕਰੇ ਸੋ ਪਾਏ ਗੁਰ ਸਬਦੀ ਮੇਲਾਇਦਾ ॥੨॥ ਚਉਦਹ ਭਵਣ ਤੇਰੇ ਹਟਨਾਲੇ ॥ ਸਤਿਗੁਰਿ ਦਿਖਾਏ ਅੰਤਰਿ ਨਾਲੇ ॥ ਨਾਵੈ ਕਾ ਵਾਪਾਰੀ ਹੋਵੈ ਗੁਰ ਸਬਦੀ ਕੋ ਪਾਇਦਾ ॥੩॥ ਸਤਿਗੁਰਿ ਸੇਵਿਐ ਸਹਜ ਅਨੰਦਾ ॥ ਹਿਰਦੈ ਆਇ ਵੁਠਾ ਗੋਵਿੰਦਾ ॥ ਸਹਜੇ ਭਗਤਿ ਕਰੇ ਦਿਨੁ ਰਾਤੀ ਆਪੇ ਭਗਤਿ ਕਰਾਇਦਾ ॥੪॥ {ਪੰਨਾ ੧੦੬੨}

ਪਦ ਅਰਥ :—ਦਾਤਾ—ਸਭ ਪਦਾਰਥ ਦੇਣ ਵਾਲਾ । ਅਗਮ—ਅਪਹੁੰਚ । ਅਥਾਹਾ—ਬਹੁਤ ਹੀ ਡੂੰਘਾ (ਸਮੁੰਦਰ), ਬੇਅੰਤ ਖ਼ਜ਼ਾਨਿਆਂ ਵਾਲਾ । ਤਿਲੁ—ਰਤਾ ਭਰ ਭੀ । ਤਮਾਇ—ਤਮ੍ਹਾ, ਲਾਲਚ । ਤਿਸ ਨੋ—{ਸੰਬੰਧਕ 'ਨੋ' ਦੇ ਕਾਰਨ ਲਫ਼ਜ਼ 'ਤਿਸੁ' ਦਾ ੁ ਉੱਡ ਗਿਆ ਹੈ} । ਆਪੇ—ਆਪ ਹੀ । ਮੇਲਿ—ਮਿਲਾ ਕੇ ।੧।

ਨਿਹਚਉ—ਜ਼ਰੂਰ । ਅਵਰੁ—ਕੋਈ ਹੋਰ । ਜਿਸ ਨੋ—{ਲਫ਼ਜ਼ 'ਜਿਸੁ' ਦਾ ੁ ਉੱਡ ਗਿਆ ਹੈ} । ਸਬਦੀ—ਸ਼ਬਦ ਦੀ ਰਾਹੀਂ ।੨।

ਚਉਦਹ ਭਵਨ—ਚੌਦਾਂ ਲੋਕ {ਸੱਤ ਆਕਾਸ਼, ਸੱਤ ਪਤਾਲ}, ਸਾਰਾ ਜਗਤ । ਹਟਨਾਲੇ—{ਹੱਟਾਂ ਦੀਆਂ ਕਤਾਰਾਂ} ਬਾਜ਼ਾਰ । ਸਤਿਗੁਰਿ—ਗੁਰੂ ਨੇ । ਨਾਲੇ—ਨਾਲ ਹੀ । ਕੋ—ਜਿਹੜਾ ਕੋਈ ।੩।

ਸਤਿਗੁਰਿ ਸੇਵਿਐ—ਜੇ ਗੁਰੂ ਦੀ ਸਰਨ ਪੈ ਜਾਈਏ । ਸਹਜ ਅਨੰਦਾ—ਆਤਮਕ ਅਡੋਲਤਾ ਦਾ ਸੁਖ । ਹਿਰਦੈ—ਹਿਰਦੇ ਵਿਚ । ਵੁਠਾ—ਵੱਸਿਆ । ਸਹਜੇ—ਆਤਮਕ ਅਡੋਲਤਾ ਵਿਚ ।੪।

ਅਰਥ :—ਹੇ ਭਾਈ! ਪਰਮਾਤਮਾ ਸਭ ਪਦਾਰਥ ਦੇਣ ਵਾਲਾ ਹੈ, ਅਪਹੁੰਚ ਹੈ, ਬਹੁਤ ਹੀ ਡੂੰਘਾ (ਮਾਨੋ ਬੇਅੰਤ ਖ਼ਜ਼ਾਨਿਆਂ ਵਾਲਾ ਸਮੁੰਦਰ) ਹੈ । (ਉਹ ਸਭ ਨੂੰ ਦਾਤਾਂ ਦੇਈ ਜਾਂਦਾ ਹੈ, ਪਰ) ਉਸ ਵੇਪਰਵਾਹ ਨੂੰ ਰਤਾ ਭਰ ਭੀ ਕੋਈ ਲਾਲਚ ਨਹੀਂ ਹੈ । ਕੋਈ ਜੀਵ (ਆਪਣੇ ਉੱਦਮ ਨਾਲ) ਉਸ ਪਰਮਾਤਮਾ ਤਕ ਪਹੁੰਚ ਨਹੀਂ ਸਕਦਾ । ਉਹ ਆਪ ਹੀ (ਜੀਵ ਨੂੰ ਗੁਰੂ ਨਾਲ) ਮਿਲਾ ਕੇ ਆਪਣੇ ਨਾਲ ਮਿਲਾਂਦਾ ਹੈ ।੧।

ਹੇ ਭਾਈ! (ਉਹ ਪਰਮਾਤਮਾ) ਜੋ ਕੁਝ ਕਰਦਾ ਹੈ, ਉਹ ਜ਼ਰੂਰ ਹੁੰਦਾ ਹੈ । ਉਸ ਤੋਂ ਬਿਨਾ ਕੋਈ ਹੋਰ ਕੁਝ ਦੇਣ-ਜੋਗਾ ਨਹੀਂ ਹੈ । ਹੇ ਭਾਈ! ਜਿਸ ਮਨੁੱਖ ਨੂੰ ਪਰਮਾਤਮਾ ਨਾਮਿ ਦੀ ਦਾਤਿ ਦੇਂਦਾ ਹੈ, ਉਹ ਹਰਿ-ਨਾਮ ਪ੍ਰਾਪਤ ਕਰ ਲੈਂਦਾ ਹੈ । (ਉਸ ਨੂੰ) ਗੁਰੂ ਦੇ ਸ਼ਬਦ ਵਿਚ ਜੋੜ ਕੇ (ਆਪਣੇ ਨਾਲ) ਮਿਲਾ ਲੈਂਦਾ ਹੈ ।੨।

ਹੇ ਪ੍ਰਭੂ! ਇਹ ਚੌਦਾਂ ਲੋਕ ਤੇਰੇ ਬਾਜ਼ਾਰ ਹਨ (ਜਿੱਥੇ ਤੇਰੇ ਪੈਦਾ ਕੀਤੇ ਬੇਅੰਤ ਜੀਵ ਤੇਰੀ ਦੱਸੀ ਕਾਰ ਕਰ ਰਹੇ ਹਨ । ਇਹ ਸਾਰਾ ਜਗਤ ਤੇਰਾ ਹੀ ਸਰੂਪ ਹੈ) । ਜਿਸ ਮਨੁੱਖ ਨੂੰ ਗੁਰੂ ਨੇ ਤੇਰਾ ਇਹ ਸਰਬ-ਵਿਆਪਕ ਸਰੂਪ ਉਸ ਦੇ ਅੰਦਰ ਵੱਸਦਾ ਹੀ ਵਿਖਾ ਦਿੱਤਾ ਹੈ, ਉਹ ਮਨੁੱਖ ਤੇਰੇ ਨਾਮ ਦਾ ਵਣਜਾਰਾ ਬਣ ਜਾਂਦਾ ਹੈ । (ਇਹ ਦਾਤਿ) ਜਿਹੜਾ ਕੋਈ ਪ੍ਰਾਪਤ ਕਰਦਾ ਹੈ, ਗੁਰੂ ਦੇ ਸ਼ਬਦ ਦੀ ਰਾਹੀਂ ਹੀ (ਪ੍ਰਾਪਤ ਕਰਦਾ ਹੈ) ।੩।

ਹੇ ਭਾਈ! ਜੇ ਗੁਰੂ ਦੀ ਸਰਨ ਪੈ ਜਾਈਏ ਤਾਂ ਆਤਮਕ ਅਡੋਲਤਾ ਦਾ ਆਨੰਦ ਮਿਲ ਜਾਂਦਾ ਹੈ । (ਗੁਰੂ ਦੇ ਸਨਮੁਖ ਹੋਣ ਵਾਲੇ ਮਨੁੱਖ ਦੇ) ਹਿਰਦੇ ਵਿਚ ਗੋਬਿੰਦ-ਪ੍ਰਭੂ ਆ ਵੱਸਦਾ ਹੈ । ਉਹ ਮਨੁੱਖ ਦਿਨ ਰਾਤ ਆਤਮਕ ਅਡੋਲਤਾ ਵਿਚ ਟਿਕ ਕੇ ਪਰਮਾਤਮਾ ਦੀ ਭਗਤੀ ਕਰਦਾ ਹੈ । ਹੇ ਭਾਈ! ਪਰਮਾਤਮਾ ਆਪ ਹੀ (ਆਪਣੀ) ਭਗਤੀ ਕਰਾਂਦਾ ਹੈ ।੪।

ਸਤਿਗੁਰ ਤੇ ਵਿਛੁੜੇ ਤਿਨੀ ਦੁਖੁ ਪਾਇਆ ॥ ਅਨਦਿਨੁ ਮਾਰੀਅਹਿ ਦੁਖੁ ਸਬਾਇਆ ॥ ਮਥੇ ਕਾਲੇ ਮਹਲੁ ਨ ਪਾਵਹਿ ਦੁਖ ਹੀ ਵਿਚਿ ਦੁਖੁ ਪਾਇਦਾ ॥੫॥ ਸਤਿਗੁਰੁ ਸੇਵਹਿ ਸੇ ਵਡਭਾਗੀ ॥ ਸਹਜ ਭਾਇ ਸਚੀ ਲਿਵ ਲਾਗੀ ॥ ਸਚੋ ਸਚੁ ਕਮਾਵਹਿ ਸਦ ਹੀ ਸਚੈ ਮੇਲਿ ਮਿਲਾਇਦਾ ॥੬॥ ਜਿਸ ਨੋ ਸਚਾ ਦੇਇ ਸੁ ਪਾਏ ॥ ਅੰਤਰਿ ਸਾਚੁ ਭਰਮੁ ਚੁਕਾਏ ॥ ਸਚੁ ਸਚੇ ਕਾ ਆਪੇ ਦਾਤਾ ਜਿਸੁ ਦੇਵੈ ਸੋ ਸਚੁ ਪਾਇਦਾ ॥੭॥ ਆਪੇ ਕਰਤਾ ਸਭਨਾ ਕਾ ਸੋਈ ॥ ਜਿਸ ਨੋ ਆਪਿ ਬੁਝਾਏ ਬੂਝੈ ਕੋਈ ॥ ਆਪੇ ਬਖਸੇ ਦੇ ਵਡਿਆਈ ਆਪੇ ਮੇਲਿ ਮਿਲਾਇਦਾ ॥੮॥ {ਪੰਨਾ ੧੦੬੩}

ਪਦ ਅਰਥ :—ਤੇ—ਤੋਂ । ਅਨਦਿਨੁ—ਹਰ ਰੋਜ਼, ਹਰ ਵੇਲੇ । ਮਾਰੀਅਹਿ—ਮਾਰੀਦੇ ਹਨ, ਮਾਰ ਖਾਂਦੇ ਹਨ, ਦੁੱਖ ਦੀਆਂ ਚੋਟਾਂ ਸਹਾਰਦੇ ਹਨ । ਸਬਾਈਆ—ਹਰੇਕ ਕਿਸਮ ਦਾ । ਕਾਲੇ—(ਵਿਕਾਰਾਂ ਦੀ ਕਾਲਖ ਨਾਲ) ਕਾਲੇ । ਮਹਲੁ—(ਪਰਮਾਤਮਾ ਦੀ ਹਜ਼ੂਰੀ ਵਿਚ) ਟਿਕਾਣਾ ।੫।

ਸੇਵਹਿ—ਸਰਨ ਪੈਂਦੇ ਹਨ । ਸੇ—ਉਹ {ਬਹੁ-ਵਚਨ} । ਸਹਜ ਭਾਇ—ਆਤਮਕ ਅਡੋਲਤਾ ਅਨੁਸਾਰ, ਬਿਨਾ ਕਿਸੇ ਖ਼ਾਸ ਜਤਨ ਦੇ । ਲਿਵ—ਲਗਨ । ਸਚੋ ਸਚੁ—ਹਰ ਵੇਲੇ ਸਦਾ-ਥਿਰ ਨਾਮ ਦਾ ਸਿਮਰਨ । ਸਦ—ਸਦਾ । ਮੇਲਿ—(ਗੁਰੂ ਆਪਣੇ ਨਾਲ) ਮਿਲਾ ਕੇ । ਸਚੈ—ਸਦਾ-ਥਿਰ ਪ੍ਰਭੂ ਵਿਚ ।੬।

ਜਿਸ ਨੋ—{ਸੰਬੰਧਕ 'ਨੋ' ਦੇ ਕਾਰਨ ਲਫ਼ਜ਼ 'ਜਿਸੁ' ਦਾ ੁ ਉੱਡ ਗਿਆ ਹੈ} । ਦੇਇ—ਦੇਂਦਾ ਹੈ । ਸੁ—ਉਹ {ਇਕ-ਵਚਨ} । ਸਾਚੁ—ਸਦਾ ਕਾਇਮ ਰਹਿਣ ਵਾਲਾ ਹਰਿ-ਨਾਮ । ਭਰਮੁ—ਭਟਕਣਾ । ਚੁਕਾਏ—ਦੂਰ ਕਰ ਲੈਂਦਾ ਹੈ । ਸਚੁ—ਸਦਾ-ਥਿਰ ਪ੍ਰਭੂ । ਸਚੇ ਕਾ—ਸਦਾ-ਥਿਰ ਹਰਿ-ਨਾਮ ਦਾ । ਸਚੁ—ਸਦਾ-ਥਿਰ ਹਰਿ-ਨਾਮ ।੭।

ਕਰਤਾ ਸੋਈ—ਉਹ ਕਰਤਾਰ ਆਪ ਹੀ । ਬੁਝਾਏ—ਸਮਝ ਦੇਂਦਾ ਹੈ । ਦੇ—ਦੇਂਦਾ ਹੈ ।੮।

ਅਰਥ :—ਹੇ ਭਾਈ! ਜਿਹੜੇ ਮਨੁੱਖ ਗੁਰੂ (ਦੇ ਚਰਨਾਂ) ਤੋਂ ਵਿਛੁੜੇ ਹੋਏ ਹਨ, ਉਹਨਾਂ ਨੇ (ਆਪਣੇ ਵਾਸਤੇ) ਦੁੱਖ ਹੀ ਦੁੱਖ ਸਹੇੜਿਆ ਹੋਇਆ ਹੈ । ਉਹ ਹਰ

ਵੇਲੇ ਦੁੱਖਾਂ ਦੀਆਂ ਚੋਟਾਂ ਖਾਂਦੇ ਹਨ, ਉਹਨਾਂ ਨੂੰ ਹਰੇਕ ਕਿਸਮ ਦਾ ਦੁੱਖ ਵਾਪਰਿਆ ਰਹਿੰਦਾ ਹੈ । (ਵਿਕਾਰਾਂ ਦੀ ਕਾਲਖ਼ ਨਾਲ ਉਹਨਾਂ ਦੇ) ਮੂੰਹ ਕਾਲੇ ਹੋਏ ਰਹਿੰਦੇ ਹਨ (ਉਹਨਾਂ ਦੇ ਮਨ ਮਲੀਨ ਰਹਿੰਦੇ ਹਨ) ਉਹਨਾਂ ਨੂੰ ਪ੍ਰਭੂ-ਚਰਨਾਂ ਵਿਚ ਟਿਕਾਣਾ ਨਹੀਂ ਮਿਲਦਾ । ਹੇ ਭਾਈ! (ਗੁਰੂ-ਚਰਨਾਂ ਤੋਂ ਵਿਛੁੜਿਆ ਹੋਇਆ ਮਨੁੱਖ) ਸਦਾ ਦੁੱਖ ਵਿਚ ਹੀ ਗ੍ਰਸਿਆ ਰਹਿੰਦਾ ਹੈ, ਸਦਾ ਦੁੱਖ ਸਹਾਰਦਾ ਹੈ ।੫।

ਹੇ ਭਾਈ! ਜਿਹੜੇ ਮਨੁੱਖ ਗੁਰੂ ਦੀ ਸਰਨ ਪੈਂਦੇ ਹਨ, ਉਹ ਬੜੇ ਭਾਗਾਂ ਵਾਲੇ ਹੋ ਜਾਂਦੇ ਹਨ । ਕਿਸੇ ਖ਼ਾਸ ਜਤਨ ਤੋਂ ਬਿਨਾ ਹੀ ਸਦਾ-ਥਿਰ ਪ੍ਰਭੂ ਦੇ ਨਾਮ ਵਿਚ ਉਹਨਾਂ ਦੀ ਲਗਨ ਲੱਗੀ ਰਹਿੰਦੀ ਹੈ । ਉਹ ਮਨੁੱਖ ਸਦਾ ਹੀ ਸਦਾ-ਥਿਰ ਹਰਿ-ਨਾਮ ਸਿਮਰਨ ਦੀ ਕਮਾਈ ਕਰਦੇ ਹਨ । (ਗੁਰੂ ਉਹਨਾਂ ਨੂੰ ਆਪਣੇ ਨਾਲ) ਮਿਲਾ ਕੇ ਸਦਾ-ਥਿਰ ਹਰਿ-ਨਾਮ ਵਿਚ ਮਿਲਾ ਦੇਂਦਾ ਹੈ ।੬।

ਪਰ, ਹੇ ਭਾਈ! ਉਹ ਮਨੁੱਖ (ਹੀ ਸਦਾ-ਥਿਰ ਹਰਿ-ਨਾਮ ਦੀ ਦਾਤਿ) ਪ੍ਰਾਪਤ ਕਰਦਾ ਹੈ ਜਿਸ ਨੂੰ ਸਦਾ ਕਾਇਮ ਰਹਿਣ ਵਾਲਾ ਪਰਮਾਤਮਾ ਦੇਂਦਾ ਹੈ । ਉਸ ਮਨੁੱਖ ਦੇ ਹਿਰਦੇ ਵਿਚ ਸਦਾ-ਥਿਰ ਹਰਿ-ਨਾਮ ਟਿਕਿਆ ਰਹਿੰਦਾ ਹੈ, (ਨਾਮ ਦੀ ਬਰਕਤਿ ਨਾਲ ਉਹ ਮਨੁੱਖ ਆਪਣੇ ਅੰਦਰੋਂ) ਭਟਕਣਾ ਦੂਰ ਕਰ ਲੈਂਦਾ ਹੈ । ਹੇ ਭਾਈ! ਸਦਾ-ਥਿਰ ਪ੍ਰਭੂ ਆਪਣੇ ਸਦਾ-ਥਿਰ ਨਾਮ ਦੀ ਦਾਤਿ ਦੇਣ ਵਾਲਾ ਆਪ ਹੀ ਹੈ । ਜਿਸ ਨੂੰ ਦੇਂਦਾ ਹੈ, ਉਹ ਮਨੁੱਖ ਸਦਾ-ਥਿਰ ਨਾਮ ਹਾਸਲ ਕਰ ਲੈਂਦਾ ਹੈ ।੭।

ਹੇ ਭਾਈ! ਉਹ ਕਰਤਾਰ ਆਪ ਹੀ ਸਭ ਜੀਵਾਂ ਦਾ (ਮਾਲਕ) ਹੈ । ਇਹ ਗੱਲ ਕੋਈ ਉਹ ਮਨੁੱਖ ਹੀ ਸਮਝਦਾ ਹੈ ਜਿਸ ਨੂੰ ਪਰਮਾਤਮਾ ਆਪ ਸਮਝਾਂਦਾ ਹੈ । ਹੇ ਭਾਈ! ਕਰਤਾਰ ਆਪ ਹੀ ਬਖ਼ਸ਼ਸ਼ ਕਰਦਾ ਹੈ, ਆਪ ਹੀ ਵਡਿਆਈ ਦੇਂਦਾ ਹੈ, ਆਪ ਹੀ (ਗੁਰੂ ਨਾਲ) ਮਿਲਾ ਕੇ (ਆਪਣੇ ਚਰਨਾਂ ਵਿਚ) ਮਿਲਾਂਦਾ ਹੈ ।੮।

ਹਉਮੈ ਕਰਦਿਆ ਜਨਮੁ ਗਵਾਇਆ ॥ ਆਗੈ ਮੋਹੁ ਨ ਚੂਕੈ ਮਾਇਆ ॥ ਅਗੈ ਜਮਕਾਲੁ ਲੇਖਾ ਲੇਵੈ ਜਿਉ ਤਿਲ ਘਾਣੀ ਪੀੜਾਇਦਾ ॥੯॥ ਪੂਰੈ ਭਾਗਿ ਗੁਰ ਸੇਵਾ ਹੋਈ ॥ ਨਦਰਿ ਕਰੇ ਤਾ ਸੇਵੇ ਕੋਈ ॥ ਜਮਕਾਲੁ ਤਿਸੁ ਨੇੜਿ ਨ ਆਵੈ ਮਹਲਿ ਸਚੈ ਸੁਖੁ ਪਾਇਦਾ ॥੧੦॥ ਤਿਨ ਸੁਖੁ ਪਾਇਆ ਜੋ ਤੁਧੁ ਭਾਏ ॥ ਪੂਰੈ ਭਾਗਿ ਗੁਰ ਸੇਵਾ ਲਾਏ ॥ ਤੇਰੈ ਹਥਿ ਹੈ ਸਭ ਵਡਿਆਈ ਜਿਸੁ ਦੇਵਹਿ ਸੋ ਪਾਇਦਾ ॥੧੧॥ ਅੰਦਰਿ ਪਰਗਾਸੁ ਗੁਰੂ ਤੇ ਪਾਏ ॥ ਨਾਮੁ ਪਦਾਰਥੁ ਮੰਨਿ ਵਸਾਏ ॥ ਗਿਆਨ ਰਤਨੁ ਸਦਾ ਘਟਿ ਚਾਨਣੁ ਅਗਿਆਨ ਅੰਧੇਰੁ ਗਵਾਇਦਾ ॥੧੨॥ {ਪੰਨਾ ੧੦੬੩}

ਪਦ ਅਰਥ :—ਹਉਮੈ—'ਹਉਂ ਹਉਂ, ਮੈਂ ਮੈਂ'; ਅਹੰਕਾਰ । ਆਗੈ—ਜੀਵਨ-ਸਫ਼ਰ ਵਿਚ । ਨ ਚੂਕੈ—ਨਹੀਂ ਮੁਕਦਾ । ਆਗੈ—ਪਰਲੋਕ ਵਿਚ । ਜਮਕਾਲੁ—ਧਰਮ ਰਾਜ ।੯।

ਪੂਰੈ ਭਾਗਿ—ਵੱਡੀ ਕਿਸਮਤ ਨਾਲ । ਗੁਰ ਸੇਵਾ—ਗੁਰੂ ਦੀ ਦੱਸੀ ਕਾਰ । ਨਦਰਿ—ਮਿਹਰ ਦੀ ਨਿਗਾਹ । ਜਮਕਾਲੁ—ਮੌਤ, ਮੌਤ ਦਾ ਸਹਮ, ਆਤਮਕ ਮੌਤ । ਮਹਲਿ ਸਚੈ—ਸਦਾ-ਥਿਰ ਪ੍ਰਭੂ ਦੇ ਚਰਨਾਂ ਵਿਚ ।੧੦।

ਤੁਧੁ—ਤੈਨੂੰ । ਭਾਏ—ਚੰਗੇ ਲੱਗੇ । ਹਥਿ—ਹੱਥ ਵਿਚ । ਦੇਵਹਿ—ਤੂੰ ਦੇਂਦਾ ਹੈਂ ।੧੧।

ਅੰਦਰਿ—ਹਿਰਦੇ ਵਿਚ । ਪਰਗਾਸੁ—ਚਾਨਣ, ਆਤਮਕ ਜੀਵਨ ਦੀ ਸੂਝ । ਤੇ—ਤੋਂ, ਪਾਸੋਂ । ਮੰਨਿ—ਮਨਿ, ਮਨ ਵਿਚ । ਘਟਿ—ਹਿਰਦੇ ਵਿਚ । ਅਗਿਆਨ—ਆਤਮਕ ਜੀਵਨ ਵਲੋਂ ਬੇ-ਸਮਝੀ ।੧੨।

ਅਰਥ :—ਹੇ ਭਾਈ! ਜਿਹੜਾ ਮਨੁੱਖ 'ਮੈਂ ਵੱਡਾ ਹਾਂ, ਮੈਂ ਵੱਡਾ ਬਣ ਜਾਵਾਂ'—ਇਹਨਾਂ ਹੀ ਸੋਚਾਂ ਵਿਚ ਆਪਣੀ ਜ਼ਿੰਦਗੀ ਵਿਅਰਥ ਗੁਜ਼ਾਰ ਦੇਂਦਾ ਹੈ, ਉਸ ਦੇ ਜੀਵਨ-ਸਫ਼ਰ ਵਿਚ (ਉਸ ਦੇ ਅੰਦਰੋਂ) ਮਾਇਆ ਦਾ ਮੋਹ (ਕਦੇ) ਨਹੀਂ ਮੁੱਕਦਾ । (ਜਦੋਂ) ਪਰਲੋਕ ਵਿਚ ਧਰਮ ਰਾਜ (ਉਸ ਪਾਸੋਂ ਮਨੁੱਖਾ ਜੀਵਨ ਵਿਚ ਕੀਤੇ ਕੰਮਾਂ ਦਾ) ਹਿਸਾਬ ਮੰਗਦਾ ਹੈ (ਤਦੋਂ ਉਹ ਇਉਂ) ਪੀੜਿਆ ਜਾਂਦਾ ਹੈ ਜਿਵੇਂ (ਕੋਲ੍ਹੂ ਵਿਚ ਪਾਈ) ਘਾਣੀ ਦੇ ਤਿਲ ਪੀੜੇ ਜਾਂਦੇ ਹਨ ।੯।

ਹੇ ਭਾਈ! ਗੁਰੂ ਦੀ ਦੱਸੀ (ਨਾਮ-ਸਿਮਰਨ ਦੀ) ਕਾਰ ਵੱਡੀ ਕਿਸਮਤ ਨਾਲ (ਹੀ ਕਿਸੇ ਪਾਸੋਂ) ਹੋ ਸਕਦੀ ਹੈ । ਜਦੋਂ ਪਰਮਾਤਮਾ ਦੀ ਨਿਗਾਹ ਕਰਦਾ ਹੈ ਤਦੋਂ ਹੀ ਕੋਈ ਮਨੁੱਖ ਕਰ ਸਕਦਾ ਹੈ । ਆਤਮਕ ਮੌਤ ਉਸ ਮਨੁੱਖ ਦੇ ਨੇੜੇ ਨਹੀਂ ਆਉਂਦੀ । ਉਹ ਮਨੁੱਖ ਸਦਾ-ਥਿਰ ਪਰਮਾਤਮਾ ਦੇ ਚਰਨਾਂ ਵਿਚ ਜੁੜ ਕੇ ਆਤਮਕ ਆਨੰਦ ਮਾਣਦਾ ਹੈ ।੧੦।

ਹੇ ਪ੍ਰਭੂ! ਜਿਹੜੇ ਮਨੁੱਖ ਤੈਨੂੰ ਚੰਗੇ ਲੱਗੇ ਉਹਨਾਂ ਨੇ ਹੀ ਆਤਮਕ ਆਨੰਦ ਮਾਣਿਆ । ਉਹਨਾਂ ਦੀ ਵੱਡੀ ਕਿਸਮਤ ਕਿ ਤੂੰ ਉਹਨਾਂ ਨੂੰ ਗੁਰੂ ਦੀ ਦੱਸੀ ਕਾਰੇ ਲਾਈ ਰਖਿਆ । ਸਾਰੀ (ਲੋਕ ਪਰਲੋਕ ਦੀ) ਇੱਜ਼ਤ ਤੇਰੇ ਹੱਥ ਵਿਚ ਹੈ, ਜਿਸ ਨੂੰ ਤੂੰ (ਇਹ ਇੱਜ਼ਤ) ਦੇਂਦਾ ਹੈਂ ਉਹ ਪ੍ਰਾਪਤ ਕਰਦਾ ਹੈ ।੧੧।

(ਹੇ ਪ੍ਰਭੂ! ਜਿਸ ਉੱਤੇ ਤੂੰ ਮਿਹਰ ਦੀ ਨਿਗਾਹ ਕਰਦਾ ਹੈਂ, ਉਹ ਮਨੁੱਖ ਆਪਣੇ) ਹਿਰਦੇ ਵਿਚ ਗੁਰੂ ਪਾਸੋਂ ਆਤਮਕ ਜੀਵਨ ਦੀ ਸੂਝ ਪ੍ਰਾਪਤ ਕਰਦਾ ਹੈ, ਉਹ (ਤੇਰਾ) ਸ੍ਰੇਸ਼ਟ ਨਾਮ ਆਪਣੇ ਮਨ ਵਿਚ ਵਸਾਂਦਾ ਹੈ । ਉਸ ਦੇ ਹਿਰਦੇ ਵਿਚ ਆਤਮਕ ਜੀਵਨ ਦੀ ਸੂਝ ਦਾ ਸ੍ਰੇਸ਼ਟ ਚਾਨਣ ਹੋ ਜਾਂਦਾ ਹੈ (ਜਿਸ ਦੀ ਬਰਕਤਿ ਨਾਲ ਉਹ ਆਪਣੇ ਅੰਦਰੋਂ) ਜੀਵਨ ਵਲੋਂ ਬੇ-ਸਮਝੀ ਦਾ ਹਨੇਰਾ ਦੂਰ ਕਰ ਲੈਂਦਾ ਹੈ ।੧੨।

ਅਗਿਆਨੀ ਅੰਧੇ ਦੂਜੈ ਲਾਗੇ ॥ ਬਿਨੁ ਪਾਣੀ ਡੁਬਿ ਮੁਏ ਅਭਾਗੇ ॥ ਚਲਦਿਆ ਘਰੁ ਦਰੁ ਨਦਰਿ ਨ ਆਵੈ ਜਮ ਦਰਿ ਬਾਧਾ ਦੁਖੁ ਪਾਇਦਾ ॥੧੩॥ ਬਿਨੁ ਸਤਿਗੁਰ ਸੇਵੇ ਮੁਕਤਿ ਨ ਹੋਈ ॥ ਗਿਆਨੀ ਧਿਆਨੀ ਪੂਛਹੁ ਕੋਈ ॥ ਸਤਿਗੁਰੁ ਸੇਵੇ ਤਿਸੁ ਮਿਲੈ ਵਡਿਆਈ ਦਰਿ ਸਚੈ ਸੋਭਾ ਪਾਇਦਾ ॥੧੪॥ ਸਤਿਗੁਰ ਨੋ ਸੇਵੇ ਤਿਸੁ ਆਪਿ ਮਿਲਾਏ ॥ ਮਮਤਾ ਕਾਟਿ ਸਚਿ ਲਿਵ ਲਾਏ ॥ ਸਦਾ ਸਚੁ ਵਣਜਹਿ ਵਾਪਾਰੀ ਨਾਮੋ ਲਾਹਾ ਪਾਇਦਾ ॥੧੫॥ ਆਪੇ ਕਰੇ ਕਰਾਏ ਕਰਤਾ ॥ ਸਬਦਿ ਮਰੈ ਸੋਈ ਜਨੁ ਮੁਕਤਾ ॥ ਨਾਨਕ ਨਾਮੁ ਵਸੈ ਮਨ ਅੰਤਰਿ ਨਾਮੋ ਨਾਮੁ ਧਿਆਇਦਾ ॥੧੬॥੫॥੧੯॥ {ਪੰਨਾ ੧੦੬੨}

ਪਦ ਅਰਥ :—ਦੂਜੈ—(ਪਰਮਾਤਮਾ ਨੂੰ ਭੁਲਾ ਕੇ) ਹੋਰ ਹੋਰ (ਮੋਹ) ਵਿਚ । ਅਭਾਗੇ—ਬਦ-ਕਿਸਮਤ, ਮੰਦ-ਭਾਗੀ । ਚਲਦਿਆ—ਜ਼ਿੰਦਗੀ ਦੇ ਸਫ਼ਰ ਵਿਚ ਪਿਆਂ । ਘਰੁ—ਅਸਲ ਘਰ ਜਿਥੋਂ ਕਦੇ ਵਿਛੋੜਾ ਨਾਹ ਹੋਵੇ । ਦਰੁ—(ਅਸਲ) ਦਰਵਾਜ਼ਾ । ਜਮ ਦਰਿ—ਜਮਰਾਜ ਦੇ ਦਰ ਤੇ । ਬਾਧਾ—ਬੱਧਾ ਹੋਇਆ

।੧੩।

ਮੁਕਤਿ—(ਮਾਇਆ ਦੇ ਮੋਹ ਤੋਂ) ਖ਼ਲਾਸੀ । ਗਿਆਨੀ—ਧਾਰਮਿਕ ਪੁਸਤਕਾਂ ਪੜ੍ਹ ਕੇ ਨਿਰੀ ਕਥਾ-ਵਾਰਤਾ ਚਰਚਾ ਕਰਨ ਵਾਲੇ । ਧਿਆਨੀ—ਸਮਾਧੀਆਂ ਲਾਣ ਵਾਲੇ । ਸੇਵੇ—ਸਰਨ ਪੈਂਦਾ ਹੈ । ਦਰਿ ਸਚੈ—ਸਦਾ-ਥਿਰ ਪ੍ਰਭੂ ਦੇ ਦਰ ਤੇ ।੧੪।

ਮਮਤਾ—ਮਾਇਕ ਪਦਾਰਥਾਂ ਦੇ ਕਬਜ਼ੇ ਦੀ ਲਾਲਸਾ । ਕਾਟਿ—ਕੱਟ ਕੇ । ਸਚਿ—ਸਦਾ-ਥਿਰ ਹਰਿ-ਨਾਮ ਵਿਚ । ਲਿਵ—ਲਗਨ । ਸਚੁ—ਸਦਾ-ਥਿਰ ਹਰਿ-ਨਾਮ । ਨਾਮੋ—ਨਾਮ ਹੀ । ਲਾਹਾ—ਲਾਭ ।੧੫।

ਆਪੇ—(ਪ੍ਰਭੂ) ਆਪ ਹੀ । ਕਰਤਾ—ਕਰਤਾਰ । ਸਬਦਿ—ਗੁਰੂ ਦੇ ਸ਼ਬਦ ਵਿਚ ਜੁੜ ਕੇ । ਮਰੈ—ਆਪਾ-ਭਾਵ ਛੱਡੇ । ਮੁਕਤਾ—(ਮਾਇਆ ਦੇ ਮੋਹ ਤੋਂ) ਸੁਤੰਤਰ । ਅੰਤਰਿ—ਅੰਦਰ । ਨਾਮੋ ਨਾਮੁ—ਹਰ ਵੇਲੇ ਨਾਮ ।੧੬।

ਅਰਥ :—ਹੇ ਭਾਈ! ਮਾਇਆ ਦੇ ਮੋਹ ਵਿਚ ਅੰਨ੍ਹੇ ਹੋ ਚੁਕੇ ਤੇ ਆਤਮਕ ਜੀਵਨ ਤੋਂ ਬੇ-ਸਮਝ ਮਨੁੱਖ (ਪਰਮਾਤਮਾ ਨੂੰ ਛੱਡ ਕੇ) ਹੋਰ ਹੋਰ ਵਿਚ ਲੱਗੇ ਰਹਿੰਦੇ ਹਨ, ਉਹ ਬਦ-ਕਿਸਮਤ ਮਨੁੱਖ ਪਾਣੀ ਤੋਂ ਬਿਨਾ (ਵਿਕਾਰਾਂ ਦੇ ਪਾਣੀ ਵਿਚ) ਡੁੱਬ ਕੇ ਆਤਮਕ ਮੌਤੇ ਮਰ ਜਾਂਦੇ ਹਨ । ਜ਼ਿੰਦਗੀ ਦੇ ਸਫ਼ਰ ਵਿਚ ਪਿਆਂ ਆਪਣਾ ਅਸਲੀ ਘਰ-ਬਾਰ ਨਹੀਂ ਦਿੱਸਦਾ । (ਅਜਿਹਾ ਮਨੁੱਖ) ਜਮਰਾਜ ਦੇ ਦਰ ਤੇ ਬੱਝਾ ਹੋਇਆ ਦੁੱਖ ਪਾਂਦਾ ਹੈ ।੧੩।

ਹੇ ਭਾਈ! ਗੁਰੂ ਦੀ ਸਰਨ ਪੈਣ ਤੋਂ ਬਿਨਾ (ਮਾਇਆ ਦੇ ਮੋਹ ਤੋਂ) ਖ਼ਲਾਸੀ ਨਹੀਂ ਹੁੰਦੀ, ਬੇਸ਼ੱਕ ਕੋਈ ਮਨੁੱਖ ਉਹਨਾਂ ਨੂੰ ਪੁੱਛ ਵੇਖੇ ਜੋ ਧਾਰਮਿਕ ਪੁਸਤਕਾਂ ਪੜ੍ਹ ਕੇ ਨਿਰੀ ਕਥਾ-ਵਾਰਤਾ ਚਰਚਾ ਕਰਨ ਵਾਲੇ ਹਨ, ਜਾਂ ਜੋ, ਸਮਾਧੀਆਂ ਲਾਈ ਰੱਖਦੇ ਹਨ । ਹੇ ਭਾਈ! ਜਿਹੜਾ ਮਨੁੱਖ ਗੁਰੂ ਦੀ ਸਰਨ ਪੈਂਦਾ ਹੈ, ਉਸ ਨੂੰ (ਲੋਕ ਪਰਲੋਕ ਦੀ) ਇੱਜ਼ਤ ਮਿਲਦੀ ਹੈ, ਉਹ ਮਨੁੱਖ ਸਦਾ-ਥਿਰ ਰਹਿਣ ਵਾਲੇ ਪਰਮਾਤਮਾ ਦੇ ਦਰ ਤੇ ਆਦਰ ਪ੍ਰਾਪਤ ਕਰਦਾ ਹੈ ।੧੪।

ਹੇ ਭਾਈ! ਜਿਹੜਾ ਮਨੁੱਖ ਗੁਰੂ ਦੀ ਦੱਸੀ ਕਾਰ ਕਰਦਾ ਹੈ, ਉਸ ਨੂੰ ਪਰਮਾਤਮਾ ਆਪ (ਆਪਣੇ ਚਰਨਾਂ ਵਿਚ) ਮਿਲਾ ਲੈਂਦਾ ਹੈ । ਉਹ ਮਨੁੱਖ (ਆਪਣੇ ਅੰਦਰੋਂ) ਮਾਇਕ ਪਦਾਰਥਾਂ ਦੇ ਕਬਜ਼ੇ ਦੀ ਲਾਲਸਾ ਛੱਡ ਕੇ ਸਦਾ-ਥਿਰ ਹਰਿ-ਨਾਮ ਵਿਚ ਸੁਰਤਿ ਜੋੜੀ ਰੱਖਦਾ ਹੈ । ਹੇ ਭਾਈ! ਜਿਹੜੇ ਵਣਜਾਰੇ-ਜੀਵ ਸਦਾ-ਥਿਰ ਹਰਿ-ਨਾਮ ਦਾ ਵਣਜ ਸਦਾ ਕਰਦੇ ਹਨ, ਉਹਨਾਂ ਨੂੰ ਹਰੀ-ਨਾਮ ਦਾ ਲਾਭ ਮਿਲਦਾ ਹੈ ।੧੫।

ਪਰ, ਹੇ ਭਾਈ! ਕਰਤਾਰ ਆਪ ਹੀ (ਸਭ ਕੁਝ) ਕਰਦਾ ਹੈ, ਆਪ ਹੀ (ਜੀਵਾਂ ਪਾਸੋਂ) ਕਰਾਂਦਾ ਹੈ । (ਉਸ ਦੀ ਮਿਹਰ ਨਾਲ) ਜਿਹੜਾ ਮਨੁੱਖ ਗੁਰੂ ਦੇ ਸ਼ਬਦ ਦੀ ਰਾਹੀਂ (ਆਪਣੇ ਅੰਦਰੋਂ) ਆਪਾ-ਭਾਵ ਤਿਆਗਦਾ ਹੈ, ਉਹੀ (ਵਿਕਾਰਾਂ ਤੋਂ) ਸੁਤੰਤਰ ਹੋ ਜਾਂਦਾ ਹੈ । ਹੇ ਨਾਨਕ! ਉਸ ਮਨੁੱਖ ਦੇ ਮਨ ਵਿਚ ਪਰਮਾਤਮਾ ਦਾ ਨਾਮ ਟਿਕਿਆ ਰਹਿੰਦਾ ਹੈ, ਉਹ ਹਰ ਵੇਲੇ ਪਰਮਾਤਮਾ ਦਾ ਨਾਮ ਹੀ ਸਿਮਰਦਾ ਰਹਿੰਦਾ ਹੈ ।੧੬।੫।੧੯।

ਮਾਰੂ ਮਹਲਾ ੩ ॥ ਜੋ ਤੁਧੁ ਕਰਣਾ ਸੋ ਕਰਿ ਪਾਇਆ ॥ ਭਾਣੇ ਵਿਚਿ ਕੋ ਵਿਰਲਾ ਆਇਆ ॥ ਭਾਣਾ ਮੰਨੇ ਸੋ ਸੁਖੁ ਪਾਏ ਭਾਣੇ ਵਿਚਿ ਸੁਖੁ ਪਾਇਦਾ ॥੧॥ ਗੁਰਮੁਖਿ ਤੇਰਾ ਭਾਣਾ ਭਾਵੈ ॥ ਸਹਜੇ ਹੀ ਸੁਖੁ ਸਚੁ ਕਮਾਵੈ ॥ ਭਾਣੇ ਨੋ ਲੋਚੈ ਬਹੁਤੇਰੀ ਆਪਣਾ ਭਾਣਾ ਆਪਿ ਮਨਾਇਦਾ ॥੨॥ ਤੇਰਾ ਭਾਣਾ ਮੰਨੇ ਸੁ ਮਿਲੈ ਤੁਧੁ ਆਏ ॥ ਜਿਸੁ ਭਾਣਾ ਭਾਵੈ ਸੋ ਤੁਝਹਿ ਸਮਾਏ ॥ ਭਾਣੇ ਵਿਚਿ ਵਡੀ ਵਡਿਆਈ ਭਾਣਾ ਕਿਸਹਿ ਕਰਾਇਦਾ ॥੩॥ ਜਾ ਤਿਸੁ ਭਾਵੈ ਤਾ ਗੁਰੂ ਮਿਲਾਏ ॥ ਗੁਰਮੁਖਿ ਨਾਮੁ ਪਦਾਰਥੁ ਪਾਏ ॥ ਤੁਧੁ ਆਪਣੈ ਭਾਣੈ ਸਭ ਸ੍ਰਿਸਟਿ ਉਪਾਈ ਜਿਸ ਨੋ ਭਾਣਾ ਦੇਹਿ ਤਿਸੁ ਭਾਇਦਾ ॥੪॥ {ਪੰਨਾ ੧੦੬੩-੧੦੬੪}

ਪਦ ਅਰਥ :—ਜੋ—ਜੋ ਕੁਝ, ਜਿਹੜਾ ਕੰਮ । ਸੋ—ਉਹ ਕੰਮ । ਕਰਿ ਪਾਇਆ—ਜ਼ਰੂਰ ਕਰ ਦੇਂਦਾ ਹੈਂ । ਕੋ ਵਿਰਲਾ—ਕੋਈ ਵਿਰਲਾ ਮਨੁੱਖ । ਭਾਣੇ ਵਿਚਿ ਆਇਆ—ਭਾਣੇ ਨੂੰ ਮਿੱਠਾ ਮੰਨਿਆ, ਤੇਰੇ ਕੀਤੇ ਨੂੰ ਸਿਰ-ਮੱਥੇ ਤੇ ਮੰਨਿਆ । ਭਾਣਾ ਮੰਨੇ—ਤੇਰੇ ਕੀਤੇ ਨੂੰ ਠੀਕ ਮੰਨਦਾ ਹੈ ।੧।

ਗੁਰਮੁਖਿ—ਗੁਰੂ ਦੇ ਸਨਮੁਖ ਰਹਿਣ ਵਾਲੇ ਨੂੰ । ਭਾਵੈ—ਚੰਗਾ ਲੱਗਦਾ ਹੈ । ਸਹਜੇ—ਆਤਮਕ ਅਡੋਲਤਾ ਵਿਚ । ਸੁਖੁ—ਆਤਮਕ ਆਨੰਦ । ਸਚੁ ਕਮਾਵੈ—ਸਦਾ-ਥਿਰ ਹਰਿ-ਨਾਮ ਸਿਮਰਨ ਦੀ ਕਮਾਈ ਕਰਦਾ ਹੈ । ਭਾਣੇ ਨੋ ਲੋਚੈ—ਪ੍ਰਭੂ ਦੇ ਕੀਤੇ ਨੂੰ ਮਿੱਠਾ ਮੰਨਣ ਦੀ ਤਾਂਘ ਕਰਦੀ ਹੈ ।੨।

ਆਏ—ਆਇ, ਆ ਕੇ । ਤੁਧੁ—ਤੈਨੂੰ । ਜਿਸੁ—ਜਿਸ ਮਨੁੱਖ ਨੂੰ । ਤੁਝਹਿ—ਤੇਰੇ ਵਿਚ । ਵਡਿਆਈ—ਇੱਜ਼ਤ । ਕਿਸਹਿ—ਕਿਸੇ ਵਿਰਲੇ ਤੋਂ ।੩।

ਤਿਸੁ ਭਾਵੈ—ਉਸ ਪ੍ਰਭੂ ਨੂੰ ਚੰਗਾ ਲੱਗਦਾ ਹੈ । ਜਾ—ਜਾਂ, ਜਦੋਂ । ਤਾ—ਤਾਂ, ਤਦੋਂ । ਗੁਰਮੁਖਿ—ਗੁਰੂ ਦੇ ਸਨਮੁਖ ਰਹਿਣ ਵਾਲਾ ਮਨੁੱਖ । ਤੁਧੁ—ਤੂੰ । ਜਿਸ ਨੋ—{ਸੰਬੰਧਕ 'ਨੋ' ਦੇ ਕਾਰਨ ਲਫ਼ਜ਼ 'ਜਿਸੁ' ਦਾ ੁ ਉੱਡ ਗਿਆ ਹੈ} । ਦੇਹਿ—ਤੂੰ ਦੇਂਦਾ ਹੈਂ । ਤਿਸੁ ਭਾਇਦਾ—ਉਸ ਨੂੰ (ਤੇਰਾ ਭਾਣਾ) ਮਿੱਠਾ ਲੱਗਦਾ ਹੈ ।੪।

ਅਰਥ :—ਹੇ ਪ੍ਰਭੂ! ਜਿਹੜਾ ਕੰਮ ਤੂੰ ਕਰਨਾ (ਚਾਹੁੰਦਾ) ਹੈਂ, ਉਹ ਕੰਮ ਤੂੰ ਜ਼ਰੂਰ ਕਰ ਦੇਂਦਾ ਹੈਂ, (ਇਹ ਪਤਾ ਹੁੰਦਿਆਂ ਭੀ) ਕੋਈ ਵਿਰਲਾ ਮਨੁੱਖ ਤੇਰੀ ਰਜ਼ਾ ਨੂੰ ਮਿੱਠਾ ਕਰ ਕੇ ਮੰਨਦਾ ਹੈ । ਜਿਹੜਾ ਮਨੁੱਖ ਤੇਰੀ ਰਜ਼ਾ ਨੂੰ ਸਿਰ-ਮੱਥੇ ਤੇ ਮੰਨਦਾ ਹੈ, ਉਹ ਆਤਮਕ ਸੁਖ ਹਾਸਲ ਕਰਦਾ ਹੈ, ਤੇਰੀ ਰਜ਼ਾ ਵਿਚ ਵਿਚ ਰਹਿ ਕੇ ਆਤਮਕ ਆਨੰਦ ਮਾਣਦਾ ਹੈ ।੧।

ਹੇ ਪ੍ਰਭੂ! ਗੁਰੂ ਦੇ ਸਨਮੁਖ ਰਹਿਣ ਵਾਲੇ ਮਨੁੱਖ ਨੂੰ ਤੇਰੀ ਰਜ਼ਾ ਚੰਗੀ ਲੱਗਦੀ ਹੈ । ਉਹ ਆਤਮਕ ਅਡੋਲਤਾ ਵਿਚ ਰਹਿ ਕੇ ਸੁਖ ਪਾਂਦਾ ਹੈ, ਉਹ ਸਦਾ-ਥਿਰ ਹਰਿ-ਨਾਮ ਸਿਮਰਨ ਦੀ ਕਮਾਈ ਕਰਦਾ ਰਹਿੰਦਾ ਹੈ ।

ਹੇ ਭਾਈ! ਪ੍ਰਭੂ ਦੇ ਕੀਤੇ ਨੂੰ ਮਿੱਠਾ ਮੰਨਣ ਦੀ ਤਾਂਘ ਬਥੇਰੀ ਲੁਕਾਈ ਕਰਦੀ ਹੈ, ਪਰ ਆਪਣੀ ਰਜ਼ਾ ਉਹ ਆਪ ਹੀ (ਕਿਸੇ ਵਿਰਲੇ ਤੋਂ) ਮਨਾਂਦਾ ਹੈ ।੨।

ਹੇ ਪ੍ਰਭੂ! ਜਿਹੜਾ ਮਨੁੱਖ ਤੇਰੀ ਰਜ਼ਾ ਨੂੰ ਮੰਨਦਾ ਹੈ, ਉਹ ਤੈਨੂੰ ਆ ਮਿਲਦਾ ਹੈ । ਜਿਸ ਮਨੁੱਖ ਨੂੰ ਤੇਰਾ ਭਾਣਾ ਭਾ ਜਾਂਦਾ ਹੈ, ਉਹ ਤੇਰੇ (ਚਰਨਾਂ) ਵਿਚ ਲੀਨ ਹੋ ਜਾਂਦਾ ਹੈ ।

ਹੇ ਭਾਈ! ਪਰਮਾਤਮਾ ਦੀ ਰਜ਼ਾ ਵਿਚ ਰਿਹਾਂ ਬੜੀ ਇੱਜ਼ਤ ਮਿਲਦੀ ਹੈ । ਪਰ ਕਿਸੇ ਵਿਰਲੇ ਨੂੰ ਰਜ਼ਾ ਵਿਚ ਤੋਰਦਾ ਹੈ ।੩।

ਹੇ ਭਾਈ! ਜਦੋਂ ਉਸ ਪਰਮਾਤਮਾ ਨੂੰ ਚੰਗਾ ਲੱਗਦਾ ਹੈ, ਤਦੋਂ ਉਹ (ਕਿਸੇ ਵਡਭਾਗੀ ਨੂੰ) ਗੁਰੂ ਮਿਲਾਂਦਾ ਹੈ । ਤੇ, ਗੁਰੂ ਦੇ ਸਨਮੁਖ ਹੋਇਆ ਮਨੁੱਖ ਪਰਮਾਤਮਾ ਦਾ ਸ੍ਰੇਸ਼ਟ ਨਾਮ ਪ੍ਰਾਪਤ ਕਰ ਲੈਂਦਾ ਹੈ ।

ਹੇ ਭਾਈ! ਇਹ ਸਾਰੀ ਸ੍ਰਿਸ਼ਟੀ ਤੂੰ ਆਪਣੀ ਰਜ਼ਾ ਵਿਚ ਪੈਦਾ ਕੀਤੀ ਹੈ । ਜਿਸ ਮਨੁੱਖ ਨੂੰ ਤੂੰ ਆਪਣੀ ਰਜ਼ਾ ਮੰਨਣ ਦੀ ਤਾਕਤ ਦੇਂਦਾ ਹੈਂ, ਉਸ ਨੂੰ ਤੇਰੀ ਰਜ਼ਾ ਪਿਆਰੀ ਲੱਗਦੀ ਹੈ ।੪।

ਮਨਮੁਖੁ ਅੰਧੁ ਕਰੇ ਚਤੁਰਾਈ ॥ ਭਾਣਾ ਨ ਮੰਨੇ ਬਹੁਤੁ ਦੁਖੁ ਪਾਈ ॥ ਭਰਮੇ ਭੂਲਾ ਆਵੈ ਜਾਏ ਘਰੁ ਮਹਲੁ ਨ ਕਬਹੂ ਪਾਇਦਾ ॥੫॥ ਸਤਿਗੁਰੁ ਮੇਲੇ ਦੇ ਵਡਿਆਈ ॥ ਸਤਿਗੁਰ ਕੀ ਸੇਵਾ ਧੁਰਿ ਫੁਰਮਾਈ ॥ ਸਤਿਗੁਰ ਸੇਵੇ ਤਾ ਨਾਮੁ ਪਾਏ ਨਾਮੇ ਹੀ ਸੁਖੁ ਪਾਇਦਾ ॥੬॥ ਸਭ ਨਾਵਹੁ ਉਪਜੈ ਨਾਵਹੁ ਛੀਜੈ ॥ ਗੁਰ ਕਿਰਪਾ ਤੇ ਮਨੁ ਤਨੁ ਭੀਜੈ ॥ ਰਸਨਾ ਨਾਮੁ ਧਿਆਏ ਰਸਿ ਭੀਜੈ ਰਸ ਹੀ ਤੇ ਰਸੁ ਪਾਇਦਾ ॥੭॥ ਮਹਲੈ ਅੰਦਰਿ ਮਹਲੁ ਕੋ ਪਾਏ ॥ ਗੁਰ ਕੈ ਸਬਦਿ ਸਚਿ ਚਿਤੁ ਲਾਏ ॥ ਜਿਸ ਨੋ ਸਚੁ ਦੇਇ ਸੋਈ ਸਚੁ ਪਾਏ, ਸਚੇ ਸਚਿ ਮਿਲਾਇਦਾ ॥੮॥ {ਪੰਨਾ ੧੦੬੪}

ਪਦ ਅਰਥ :—ਮਨਮੁਖੁ—ਆਪਣੇ ਮਨ ਦੇ ਪਿੱਛੇ ਤੁਰਨ ਵਾਲਾ । ਅੰਧੁ—ਅੰਨ੍ਹਾ, ਮਾਇਆ ਦੇ ਮੋਹ ਵਿਚ ਅੰਨ੍ਹਾ । ਭਰਮੇ—ਭਟਕਣਾ ਦੇ ਕਾਰਨ । ਭੂਲਾ—ਕੁਰਾਹੇ ਪਿਆ ਹੋਇਆ । ਆਵੈ ਜਾਏ—ਜੰਮਦਾ ਮਰਦਾ ਹੈ । ਘਰੁ ਮਹਲੁ—ਪਰਮਾਤਮਾ ਦੇ ਚਰਨਾਂ ਵਿਚ ਥਾਂ ।੫।

ਮੇਲੇ—ਮਿਲਾਂਦਾ ਹੈ । ਦੇ—ਦੇਂਦਾ ਹੈ । ਧੁਰਿ—ਧੁਰੋਂ, ਪਰਮਾਤਮਾ ਨੇ ਆਪਣੀ ਹਜ਼ੂਰੀ ਵਿਚੋਂ । ਨਾਮੇ ਹੀ—ਨਾਮ ਦੀ ਰਾਹੀਂ ਹੀ ।੬।

ਸਭ—ਹਰੇਕ (ਗੁਣ) । ਨਾਵਹੁ—ਨਾਮ (ਜਪਣ) ਤੋਂ । ਛੀਜੈ—(ਹਰੇਕ ਔਗੁਣ) ਨਾਸ ਹੁੰਦਾ ਹੈ । ਤੇ—ਤੋਂ । ਭੀਜੈ—ਭਿੱਜ ਜਾਂਦਾ ਹੈ । ਰਸਨਾ—ਜੀਭ ਨਾਲ । ਰਸਿ—ਰਸ ਵਿਚ, ਸੁਆਦ ਵਿਚ, ਆਤਮਕ ਆਨੰਦ ਵਿਚ । ਰਸ ਹੀ ਤੇ—(ਉਸ) ਆਤਮਕ ਆਨੰਦ ਤੋਂ ਹੀ ।੭।

ਮਹਲੈ ਅੰਦਰਿ—ਸਰੀਰ ਵਿਚ । ਕੋ—ਜਿਹੜਾ ਕੋਈ ਮਨੁੱਖ । ਮਹਲੁ—ਪਰਮਾਤਮਾ ਦਾ ਟਿਕਾਣਾ । ਕੈ ਸਬਦਿ—ਦੇ ਸ਼ਬਦ ਦੀ ਰਾਹੀਂ । ਸਚਿ—ਸਦਾ-ਥਿਰ ਪ੍ਰਭੂ ਵਿਚ । ਸਚੁ—ਸਦਾ-ਥਿਰ ਪ੍ਰਭੂ । ਸਚੁ—ਸਦਾ-ਥਿਰ ਹਰਿ-ਨਾਮ । ਸਚੇ ਸਚਿ—ਹਰ ਵੇਲੇ ਸਦਾ-ਥਿਰ ਪ੍ਰਭੂ ਵਿਚ ।੮।

ਅਰਥ :—ਹੇ ਭਾਈ! ਆਪਣੇ ਮਨ ਦੇ ਪਿੱਛੇ ਤੁਰਨ ਵਾਲਾ ਤੇ ਮਾਇਆ ਦੇ ਮੋਹ ਵਿਚ ਅੰਨ੍ਹਾ ਹੋ ਚੁਕਾ ਮਨੁੱਖ (ਆਪਣੇ ਵਲੋਂ ਬਥੇਰੀ) ਸਿਆਣਪ ਕਰਦਾ ਹੈ, (ਪਰ ਜਦ ਤਕ ਉਹ ਪਰਮਾਤਮਾ ਦੇ) ਕੀਤੇ ਨੂੰ ਮਿੱਠਾ ਕਰ ਕੇ ਨਹੀਂ ਮੰਨਦਾ (ਉਤਨਾ ਚਿਰ ਉਹ) ਬਹੁਤ ਦੁੱਖ ਪਾਂਦਾ ਹੈ । ਮਨ ਦਾ ਮੁਰੀਦ ਮਨੁੱਖ ਭਟਕਣਾ ਦੇ ਕਾਰਨ ਕੁਰਾਹੇ ਪਿਆ ਹੋਇਆ ਜਨਮ ਮਰਨ ਦੇ ਗੇੜ ਵਿਚ ਪੈ ਜਾਂਦਾ ਹੈ, ਉਹ ਕਦੇ ਭੀ (ਇਸ ਤਰ੍ਹਾਂ) ਪਰਮਾਤਮਾ ਦੇ ਚਰਨਾਂ ਵਿਚ ਥਾਂ ਨਹੀਂ ਲੱਭ ਸਕਦਾ ।੫।

ਹੇ ਭਾਈ! (ਜਿਸ ਮਨੁੱਖ ਨੂੰ ਪਰਮਾਤਮਾ) ਗੁਰੂ ਮਿਲਾਂਦਾ ਹੈ, (ਉਸ ਨੂੰ ਲੋਕ ਪਰਲੋਕ ਦੀ) ਇੱਜ਼ਤ ਬਖ਼ਸ਼ਦਾ ਹੈ । ਗੁਰੂ ਦੀ ਦੱਸੀ ਕਾਰ ਕਰਨ ਦਾ ਹੁਕਮ ਧੁਰੋਂ ਹੀ ਪ੍ਰਭੂ ਨੇ ਦਿੱਤਾ ਹੋਇਆ ਹੈ । ਜਦੋਂ ਮਨੁੱਖ ਗੁਰੂ ਦੀ ਸਰਨ ਪੈਂਦਾ ਹੈ ਤਦੋਂ ਉਹ ਪਰਮਾਤਮਾ ਦਾ ਨਾਮ ਪ੍ਰਾਪਤ ਕਰ ਲੈਂਦਾ ਹੈ, ਤੇ, ਨਾਮ ਵਿਚ ਜੁੜ ਕੇ ਹੀ ਆਤਮਕ ਆਨੰਦ ਪਾਂਦਾ ਹੈ ।੬।

ਹੇ ਭਾਈ! ਨਾਮ (ਸਿਮਰਨ) ਤੋਂ ਹਰੇਕ (ਗੁਣ ਮਨੁੱਖ ਦੇ ਅੰਦਰ) ਪੈਦਾ ਹੋ ਜਾਂਦਾ ਹੈ, ਨਾਮ (ਸਿਮਰਨ) ਤੋਂ (ਹਰੇਕ ਔਗੁਣ ਮਨੁੱਖ ਦੇ ਅੰਦਰੋਂ) ਨਾਸ ਹੋ ਜਾਂਦਾ ਹੈ । ਹੇ ਭਾਈ! ਗੁਰੂ ਦੀ ਕਿਰਪਾ ਨਾਲ (ਹੀ ਮਨੁੱਖ ਦਾ) ਮਨ (ਮਨੁੱਖ ਦਾ) ਤਨ (ਨਾਮ-ਰਸ ਵਿਚ) ਭਿੱਜਦਾ ਹੈ । (ਜਦੋਂ ਮਨੁੱਖ ਆਪਣੀ) ਜੀਭ ਨਾਲ ਹਰਿ-ਨਾਮ ਸਿਮਰਦਾ ਹੈ, ਉਹ ਅਨੰਦ ਵਿਚ ਭਿੱਜ ਜਾਂਦਾ ਹੈ, ਉਸ ਆਨੰਦ ਤੋਂ ਹੀ ਮਨੁੱਖ ਹੋਰ ਆਤਮਕ ਆਨੰਦ ਪ੍ਰਾਪਤ ਕਰਦਾ ਹੈ ।੭।

ਹੇ ਭਾਈ! ਜਿਹੜਾ ਕੋਈ ਮਨੁੱਖ ਗੁਰੂ ਦੇ ਸ਼ਬਦ ਦੀ ਰਾਹੀਂ (ਆਪਣੇ) ਸਰੀਰ ਵਿਚ ਪਰਮਾਤਮਾ ਦਾ ਟਿਕਾਣਾ ਲੱਭ ਲੈਂਦਾ ਹੈ, ਉਹ ਸਦਾ-ਥਿਰ ਹਰਿ-ਨਾਮ ਵਿਚ ਚਿੱਤ ਜੋੜੀ ਰੱਖਦਾ ਹੈ । ਪਰ, ਹੇ ਭਾਈ! ਜਿਸ ਮਨੁੱਖ ਨੂੰ ਸਦਾ-ਥਿਰ ਪ੍ਰਭੂ ਆਪਣਾ ਸਦਾ-ਥਿਰ ਹਰਿ-ਨਾਮ ਦੇਂਦਾ ਹੈ, ਉਹੀ ਇਹ ਹਰਿ-ਨਾਮ ਹਾਸਲ ਕਰਦਾ ਹੈ, ਤੇ, ਉਹ ਹਰ ਵੇਲੇ ਇਸ ਸਦਾ-ਥਿਰ ਹਰਿ-ਨਾਮ ਵਿਚ ਇਕ-ਮਿਕ ਹੋਇਆ ਰਹਿੰਦਾ ਹੈ ।੮।

ਨਾਮੁ ਵਿਸਾਰਿ ਮਨਿ ਤਨਿ ਦੁਖੁ ਪਾਇਆ ॥ ਮਾਇਆ ਮੋਹੁ ਸਭੁ ਰੋਗੁ ਕਮਾਇਆ ॥ ਬਿਨੁ ਨਾਵੈ ਮਨੁ ਤਨੁ ਹੈ ਕੁਸਟੀ ਨਰਕੇ ਵਾਸਾ ਪਾਇਦਾ ॥੯॥ ਨਾਮਿ ਰਤੇ ਤਿਨ ਨਿਰਮਲ ਦੇਹਾ ॥ ਨਿਰਮਲ ਹੰਸਾ ਸਦਾ ਸੁਖੁ ਨੇਹਾ ॥ ਨਾਮੁ ਸਲਾਹਿ ਸਦਾ ਸੁਖੁ ਪਾਇਆ ਨਿਜ ਘਰਿ ਵਾਸਾ ਪਾਇਦਾ ॥੧੦॥ ਸਭੁ ਕੋ ਵਣਜੁ ਕਰੇ ਵਾਪਾਰਾ ॥ ਵਿਣੁ ਨਾਵੈ ਸਭੁ ਤੋਟਾ ਸੰਸਾਰਾ ॥ ਨਾਗੋ ਆਇਆ ਨਾਗੋ ਜਾਸੀ ਵਿਣੁ ਨਾਵੈ ਦੁਖੁ ਪਾਇਦਾ ॥੧੧॥ ਜਿਸ ਨੋ ਨਾਮੁ ਦੇਇ ਸੋ ਪਾਏ ॥ ਗੁਰ ਕੈ ਸਬਦਿ ਹਰਿ ਮੰਨਿ ਵਸਾਏ ॥ ਗੁਰ ਕਿਰਪਾ ਤੇ ਨਾਮੁ ਵਸਿਆ ਘਟ ਅੰਤਰਿ ਨਾਮੋ ਨਾਮੁ ਧਿਆਇਦਾ ॥੧੨॥ {ਪੰਨਾ ੧੦੬੪}

ਪਦ ਅਰਥ :—ਵਿਸਾਰਿ—ਵਿਸਾਰ ਕੇ, ਭੁਲਾ ਕੇ । ਮਨਿ—ਮਨ ਵਿਚ । ਤਨਿ—ਸਰੀਰ ਵਿਚ । ਸਭੁ ਰੋਗੁ—ਨਿਰਾ ਰੋਗ । ਕਮਾਇਆ—ਵਿਹਾਝਿਆ, ਖੱਟਿਆ । ਕੁਸਟੀ—ਕੋਹੜਾ, ਰੋਗੀ । ਨਰਕੇ—ਨਰਕ ਵਿਚ ਹੀ ।੯।

ਨਾਮਿ—ਨਾਮ ਵਿਚ । ਰਤੇ—ਰੱਤੇ, ਰੰਗੇ ਹੋਏ । ਦੇਹਾ—ਸਰੀਰ । ਨਿਰਮਲ—ਪਵਿਤ੍ਰ, ਵਿਕਾਰਾਂ ਤੋਂ ਬਚਿਆ ਹੋਇਆ । ਹੰਸਾ—ਆਤਮਾ । ਨੇਹਾ—ਪਿਆਰ, ਪਰਮਾਤਮਾ ਨਾਲ ਪਿਆਰ । ਸਲਾਹਿ—ਸਲਾਹ ਕੇ । ਨਿਜ ਘਰਿ—ਆਪਣੇ ਅਸਲ ਘਰ ਵਿਚ, ਪ੍ਰਭੂ-ਚਰਨਾਂ ਵਿਚ ।੧੦।

ਸਭੁ ਕੋ—ਹਰੇਕ ਜੀਵ । ਸਭੁ ਤੋਟਾ—ਨਿਰਾ ਘਾਟਾ । ਸੰਸਾਰ—ਜਗਤ ਵਿਚ । ਨਾਗੋ—ਨੰਗਾ ਹੀ । ਜਾਸੀ ਜਾਇਗਾ ।੧੧।

ਜਿਸ ਨੋ—{ਸੰਬੰਧਕ 'ਨੋ' ਦੇ ਕਾਰਨ ਲਫ਼ਜ਼ 'ਜਿਸੁ' ਦਾ ੁ ਉੱਡ ਗਿਆ ਹੈ} । ਦੇਇ—ਦੇਂਦਾ ਹੈ । ਮੰਨਿ—ਮਨਿ, ਮਨ ਵਿਚ । ਤੇ—ਤੋਂ । ਘਟ ਅੰਤਰਿ—ਹਿਰਦੇ ਵਿਚ । ਨਾਮੋ ਨਾਮੁ—ਹਰ ਵੇਲੇ ਨਾਮ ।੧੨।

ਅਰਥ :—ਹੇ ਭਾਈ! (ਜਿਸ ਮਨੁੱਖ ਦੇ ਮਨ ਵਿਚ ਹਰ ਵੇਲੇ) ਮਾਇਆ ਦਾ ਮੋਹ (ਪ੍ਰਬਲ ਹੈ; ਉਸ ਨੇ) ਨਿਰਾ (ਆਤਮਕ) ਰੋਗ ਹੀ ਖੱਟਿਆ ਹੈ । ਪਰਮਾਤਮਾ ਦਾ ਨਾਮ ਭੁਲਾ ਕੇ ਉਸ ਆਪਣੇ ਮਨ ਵਿਚ ਤਨ ਵਿਚ ਦੁਖ ਹੀ ਪਾਇਆ ਹੈ । ਪ੍ਰਭੂ ਦੇ ਨਾਮ ਤੋਂ ਬਿਨਾ (ਮਨੁੱਖ ਦਾ) ਮਨ ਭੀ ਰੋਗੀ, ਤਨ (ਭਾਵ, ਗਿਆਨ-ਇੰਦ੍ਰੇ) ਭੀ ਰੋਗੀ (ਵਿਕਾਰੀ), ਉਹ ਨਰਕ ਵਿਚ ਹੀ ਪਿਆ ਰਹਿੰਦਾ ਹੈ ।੯।

ਹੇ ਭਾਈ! ਜਿਹੜੇ ਮਨੁੱਖ ਪਰਮਾਤਮਾ ਦੇ ਨਾਮ-ਰੰਗ ਵਿਚ ਰੰਗੇ ਜਾਂਦੇ ਹਨ, ਉਹਨਾਂ ਦੇ ਸਰੀਰ ਵਿਕਾਰਾਂ ਤੋਂ ਬਚੇ ਰਹਿੰਦੇ ਹਨ, ਉਹਨਾਂ ਦਾ ਆਤਮਾ ਪਵਿੱਤਰ ਰਹਿੰਦਾ ਹੈ, ਉਹ (ਪ੍ਰਭੂ-ਚਰਨਾਂ ਨਾਲ) ਪਿਆਰ (ਜੋੜ ਕੇ) ਸਦਾ ਆਤਮਕ ਆਨੰਦ ਮਾਣਦੇ ਹਨ । ਹੇ ਭਾਈ! ਪਰਮਾਤਮਾ ਦੇ ਨਾਮ ਦੀ ਸਿਫ਼ਤਿ-ਸਾਲਾਹ ਕਰ ਕੇ ਮਨੁੱਖ ਸਦਾ ਸੁਖ ਪਾਂਦਾ ਹੈ, ਪ੍ਰਭੂ-ਚਰਨਾਂ ਵਿਚ ਉਸ ਦਾ ਨਿਵਾਸ ਬਣਿਆ ਰਹਿੰਦਾ ਹੈ ।੧੦।

ਹੇ ਭਾਈ! (ਜਗਤ ਵਿਚ ਆ ਕੇ) ਹਰੇਕ ਜੀਵ ਵਣਜ ਵਾਪਾਰ (ਆਦਿਕ ਕੋਈ ਨਾ ਕੋਈ ਕਾਰ-ਵਿਹਾਰ) ਕਰਦਾ ਹੈ, ਪਰ ਪ੍ਰਭੂ ਦੇ ਨਾਮ ਤੋਂ ਸੱਖਣੇ ਰਹਿ ਕੇ ਜਗਤ ਵਿਚ ਨਿਰਾ ਘਾਟਾ (ਹੀ ਘਾਟਾ) ਹੈ, (ਕਿਉਂਕਿ ਜਗਤ ਵਿਚ ਜੀਵ) ਨੰਗਾ ਹੀ ਆਉਂਦਾ ਹੈ (ਤੇ ਇਥੋਂ) ਨੰਗਾ ਹੀ ਤੁਰ ਜਾਇਗਾ (ਦੁਨੀਆ ਵਾਲੀ ਕਮਾਈ ਇਥੇ ਹੀ ਰਹਿ ਜਾਇਗੀ) । ਪ੍ਰਭੂ ਦੇ ਨਾਮ ਤੋਂ ਵਾਂਝਿਆ ਹੋਇਆ ਦੁੱਖ ਹੀ ਸਹਾਰਦਾ ਹੈ ।੧੧।

ਹੇ ਭਾਈ! ਜਿਸ ਮਨੁੱਖ ਨੂੰ ਪਰਮਾਤਮਾ ਆਪਣਾ ਨਾਮ ਦੇਂਦਾ ਹੈ ਉਹ (ਹੀ ਇਹ ਦਾਤਿ) ਹਾਸਲ ਕਰਦਾ ਹੈ । ਉਹ ਮਨੁੱਖ ਗੁਰੂ ਦੇ ਸ਼ਬਦ ਦੀ ਰਾਹੀਂ ਹਰਿ-ਨਾਮ ਨੂੰ ਆਪਣੇ ਮਨ ਵਿਚ ਵਸਾ ਲੈਂਦਾ ਹੈ । ਗੁਰੂ ਦੀ ਕਿਰਪਾ ਨਾਲ ਉਸ ਦੇ ਹਿਰਦੇ ਵਿਚ ਪਰਮਾਤਮਾ ਦਾ ਨਾਮ ਆ ਵੱਸਦਾ ਹੈ ਉਹ ਹਰ ਵੇਲੇ ਹਰਿ-ਨਾਮ ਹੀ ਸਿਮਰਦਾ ਰਹਿੰਦਾ ਹੈ ।੧੨।

ਨਾਵੈ ਨੋ ਲੋਚੈ ਜੇਤੀ ਸਭ ਆਈ ॥ ਨਾਉ ਤਿਨਾ ਮਿਲੈ ਧੁਰਿ ਪੁਰਬਿ ਕਮਾਈ ॥ ਜਿਨੀ ਨਾਉ ਪਾਇਆ ਸੇ ਵਡਭਾਗੀ ਗੁਰ ਕੈ ਸਬਦਿ ਮਿਲਾਇਦਾ ॥੧੩॥ ਕਾਇਆ ਕੋਟੁ ਅਤਿ ਅਪਾਰਾ ॥ ਤਿਸੁ ਵਿਚਿ ਬਹਿ ਪ੍ਰਭੁ ਕਰੇ ਵੀਚਾਰਾ ॥ ਸਚਾ ਨਿਆਉ ਸਚੋ ਵਾਪਾਰਾ ਨਿਹਚਲੁ ਵਾਸਾ ਪਾਇਦਾ ॥੧੪॥ ਅੰਤਰ ਘਰ ਬੰਕੇ ਥਾਨੁ ਸੁਹਾਇਆ ॥ ਗੁਰਮੁਖਿ ਵਿਰਲੈ ਕਿਨੈ ਥਾਨੁ ਪਾਇਆ ॥ ਇਤੁ ਸਾਥਿ ਨਿਬਹੈ ਸਾਲਾਹੇ ਸਚੇ ਹਰਿ ਸਚਾ ਮੰਨਿ ਵਸਾਇਦਾ ॥੧੫॥ ਮੇਰੈ ਕਰਤੈ ਇਕ ਬਣਤ ਬਣਾਈ ॥ ਇਸੁ ਦੇਹੀ ਵਿਚਿ ਸਭ ਵਥੁ ਪਾਈ ॥ ਨਾਨਕ ਨਾਮੁ ਵਣਜਹਿ ਰੰਗਿ ਰਾਤੇ ਗੁਰਮੁਖਿ ਕੋ ਨਾਮੁ ਪਾਇਦਾ ॥੧੬॥੬॥੨੦॥ {ਪੰਨਾ ੧੦੬੪}

ਪਦ ਅਰਥ :—ਲੋਚੈ—ਤਾਂਘਦੀ ਹੈ, ਪ੍ਰਾਪਤ ਕਰਨ ਦੀ ਤਾਂਘ ਕਰਦੀ ਹੈ । ਨਾਵੈ ਨੋ—ਪਰਮਾਤਮਾ ਦੇ ਨਾਮ ਨੂੰ । ਜੇਤੀ—ਜਿਤਨੀ ਭੀ । ਸਭ ਆਈ—ਸਾਰੀ ਪੈਦਾ ਹੋਈ ਲੁਕਾਈ । ਧੁਰਿ—ਧੁਰ ਤੋਂ । ਪੁਰਬਿ—ਪਹਿਲੇ ਜਨਮ ਵਿਚ । ਸੇ—ਉਹ {ਬਹੁ-ਵਚਨ} । ਕੈ ਸਬਦਿ—ਦੇ ਸ਼ਬਦ ਦੀ ਰਾਹੀਂ ।੧੩।

ਕਾਇਆ—ਸਰੀਰ । ਕੋਟੁ—ਕਿਲ੍ਹਾ । ਅਤਿ ਅਪਾਰਾ—ਬਹੁਤ ਬੇਅੰਤ (ਪ੍ਰਭੂ) ਦਾ । ਤਿਸੁ ਵਿਚਿ—ਇਸ (ਕਾਇਆ ਕੋਟ) ਵਿਚ । ਬਹਿ—ਬੈਠ ਕੇ । ਸਦਾ—ਸਦਾ ਕਾਇਮ ਰਹਿਣ ਵਾਲਾ । ਨਿਹਚਲੁ—ਕਦੇ ਨਾਹ ਹਿੱਲਣ ਵਾਲਾ, ਅਟੱਲ ।੧੪।

ਅੰਤਰ ਘਰ—ਅੰਦਰਲੇ ਘਰ (ਮਨ, ਬੁੱਧੀ, ਗਿਆਨ-ਇੰਦ੍ਰੇ ਆਦਿਕ) {ਬਹੁ-ਵਚਨ} । ਬੰਕੇ—ਸੋਹਣੇ, ਬਾਂਕੇ । ਥਾਨੁ—ਹਿਰਦਾ ਥਾਂ । ਸੁਹਾਇਆ—ਸੋਹਣਾ । ਇਤੁ—ਇਸ ਵਿਚ {ਲਫ਼ਜ਼ 'ਇਸੁ' ਤੋਂ ਅਧਿਕਰਣ ਕਾਰਕ ਇਕ-ਵਚਨ} । ਸਾਥਿ—ਸਾਥ ਵਿਚ (ਅੰਦਰਲੇ ਸੋਹਣੇ ਘਰਾਂ ਦੇ ਸਾਥ ਵਿਚ, ਮਨ ਬੁੱਧੀ ਗਿਆਨ-ਇੰਦ੍ਰੇ ਆਦਿਕ ਦੇ ਸਾਥ ਵਿਚ) । ਨਿਬਹੈ—ਨਿਭਦੀ ਹੈ, ਪੂਰੀ ਉਤਰਦੀ ਹੈ । ਸਾਲਾਹੇ ਸਚੇ—ਸਦਾ-ਥਿਰ ਪ੍ਰਭੂ ਦੀ ਸਿਫ਼ਤਿ-ਸਾਲਾਹ ਕਰਦਾ ਰਹੇ । ਮੰਨਿ—ਮਨਿ, ਮਨ ਵਿਚ ।੧੫।

ਮੇਰੈ ਕਰਤੈ—ਮੇਰੇ ਕਰਤਾਰ ਨੇ । ਦੇਹੀ—ਸਰੀਰ । ਸਭ ਵਥੁ—ਸਾਰੀ ਵਸਤ, ਆਤਮਕ ਜੀਵਨ ਦੀ ਸਾਰੀ ਪੂੰਜੀ । ਵਣਜਹਿ—ਵਣਜਦੇ ਹਨ, ਵਿਹਾਝਦੇ ਹਨ । ਰੰਗਿ—ਪ੍ਰੇਮ-ਰੰਗਿ ਵਿਚ । ਰਾਤੇ—ਰੰਗੇ ਹੋਏ । ਗੁਰਮੁਖਿ ਕੋ—ਕੋਈ ਮਨੁੱਖ ਜੋ ਗੁਰੂ ਦੀ ਸਰਨ ਪੈਂਦਾ ਹੈ ।੧੬।

ਅਰਥ :—ਹੇ ਭਾਈ! ਜਿਤਨੀ ਭੀ ਲੁਕਾਈ (ਜਗਤ ਵਿਚ) ਪੈਦਾ ਹੁੰਦੀ ਹੈ (ਉਹ ਸਾਰੀ) ਪਰਮਾਤਮਾ ਦਾ ਨਾਮ ਪ੍ਰਾਪਤ ਕਰਨ ਦੀ ਤਾਂਘ ਕਰਦੀ ਹੈ, ਪਰ ਪਰਮਾਤਮਾ ਦਾ ਨਾਮ ਉਹਨਾਂ ਨੂੰ ਮਿਲਦਾ ਹੈ ਜਿਨ੍ਹਾਂ ਨੇ ਪ੍ਰਭੂ ਦੀ ਰਜ਼ਾ ਅਨੁਸਾਰ ਪਹਿਲੇ ਜਨਮ ਵਿਚ (ਨਾਮ ਜਪਣ ਦੀ) ਕਮਾਈ ਕੀਤੀ ਹੁੰਦੀ ਹੈ ।

ਹੇ ਭਾਈ! ਜਿਨ੍ਹਾਂ ਨੂੰ ਪਰਮਾਤਮਾ ਦਾ ਨਾਮ ਮਿਲ ਜਾਂਦਾ ਹੈ, ਉਹ ਵੱਡੇ ਭਾਗਾਂ ਵਾਲੇ ਬਣ ਜਾਂਦੇ ਹਨ । (ਅਜਿਹੇ ਵਡਭਾਗੀਆਂ ਨੂੰ ਪਰਮਾਤਮਾ) ਗੁਰੂ ਦੇ ਸ਼ਬਦ ਦੀ ਰਾਹੀਂ (ਆਪਣੇ ਨਾਲ) ਮਿਲਾ ਲੈਂਦਾ ਹੈ ।੧੩।

ਹੇ ਭਾਈ! (ਮਨੁੱਖ ਦਾ ਇਹ) ਸਰੀਰ ਉਸ ਬਹੁਤ ਬੇਅੰਤ ਪਰਮਾਤਮਾ (ਦੇ ਰਹਿਣ) ਲਈ ਕਿਲ੍ਹਾ ਹੈ । ਇਸ ਕਿਲ੍ਹੇ ਵਿਚ ਬੈਠ ਕੇ ਪਰਮਾਤਮਾ (ਕਈ ਕਿਸਮ ਦੇ) ਵਿਚਾਰ ਕਰਦਾ ਰਹਿੰਦਾ ਹੈ । ਉਸ ਪਰਮਾਤਮਾ ਦਾ ਨਿਆਂ ਸਦਾ ਕਾਇਮ ਰਹਿਣ ਵਾਲਾ ਹੈ । ਜਿਹੜਾ ਮਨੁੱਖ ਸਦਾ-ਥਿਰ ਹਰਿ-ਨਾਮ ਸਿਮਰਨ ਦਾ ਵਾਪਾਰ ਕਰਦਾ ਹੈ, ਉਹ (ਇਸ ਕਿਲ੍ਹੇ ਵਿਚ) ਭਟਕਣਾ ਤੋਂ ਰਹਿਤ ਨਿਵਾਸ ਪ੍ਰਾਪਤ ਕਰੀ ਰੱਖਦਾ ਹੈ ।੧੪।

ਹੇ ਭਾਈ! (ਨਾਮ ਸਿਮਰਨ ਦੀ ਬਰਕਤਿ ਨਾਲ ਸਰੀਰ ਦੇ ਮਨ ਬੁੱਧੀ ਆਦਿਕ) ਅੰਦਰਲੇ ਘਰ ਸੋਹਣੇ ਬਣੇ ਰਹਿੰਦੇ ਹਨ, ਹਿਰਦਾ-ਥਾਂ ਭੀ ਸੋਹਣਾ ਬਣਿਆ ਰਹਿੰਦਾ ਹੈ । ਕਿਸੇ ਉਸ ਵਿਰਲੇ ਮਨੁੱਖ ਨੂੰ ਇਹ ਥਾਂ ਪ੍ਰਾਪਤ ਹੁੰਦਾ ਹੈ ਜੋ ਗੁਰੂ ਦੇ ਸਨਮੁਖ ਰਹਿੰਦਾ ਹੈ । ਜਿਹੜਾ ਮਨੁੱਖ ਸਦਾ-ਥਿਰ ਪ੍ਰਭੂ ਦੀ ਸਿਫ਼ਤਿ-ਸਾਲਾਹ ਕਰਦਾ ਰਹਿੰਦਾ ਹੈ ਤੇ ਸਦਾ-ਥਿਰ ਹਰਿ-ਨਾਮ ਨੂੰ ਆਪਣੇ ਮਨ ਵਿਚ ਵਸਾਈ ਰੱਖਦਾ ਹੈ, ਉਸ ਮਨੁੱਖ ਦੀ ਪ੍ਰਭੂ ਨਾਲ ਪ੍ਰੀਤ ਇਸ (ਮਨ ਬੁੱਧੀ ਆਦਿਕ ਵਾਲੇ) ਸਾਥ ਵਿਚ ਤੋੜ ਪੂਰੀ ਉਤਰਦੀ ਹੈ ।੧੫।

ਹੇ ਭਾਈ! ਮੇਰੇ ਕਰਤਾਰ ਨੇ ਇਹ ਇਕ (ਅਜੀਬ) ਵਿਓਂਤ ਬਣਾ ਦਿੱਤੀ ਹੈ ਕਿ ਉਸ ਨੇ ਮਨੁੱਖ ਦੇ ਸਰੀਰ ਵਿਚ (ਹੀ ਉਸ ਦੇ ਆਤਮਕ ਜੀਵਨ ਦੀ) ਸਾਰੀ ਰਾਸਿ-ਪੂੰਜੀ ਪਾ ਰੱਖੀ ਹੈ । ਹੇ ਨਾਨਕ! ਜਿਹੜੇ ਮਨੁੱਖ (ਗੁਰੂ ਦੀ ਸਰਨ ਪੈ ਕੇ) ਪਰਮਾਤਮਾ ਦੇ ਨਾਮ ਦਾ ਵਣਜ ਕਰਦੇ ਰਹਿੰਦੇ ਹਨ, ਉਹ ਉਸ ਦੇ ਪ੍ਰੇਮ-ਰੰਗ ਵਿਚ ਰੰਗੇ ਰਹਿੰਦੇ ਹਨ । ਹੇ ਭਾਈ! ਕੋਈ ਉਹ ਮਨੁੱਖ ਹੀ ਪਰਮਾਤਮਾ ਦਾ ਨਾਮ ਪ੍ਰਾਪਤ ਕਰਦਾ ਹੈ ਜੋ ਗੁਰੂ ਦੇ ਸਨਮੁਖ ਰਹਿੰਦਾ ਹੈ ।੧੬।੬।੨੦।

ਮਾਰੂ ਮਹਲਾ ੩ ॥ ਕਾਇਆ ਕੰਚਨੁ ਸਬਦੁ ਵੀਚਾਰਾ ॥ ਤਿਥੈ ਹਰਿ ਵਸੈ ਜਿਸ ਦਾ ਅੰਤੁ ਨ ਪਾਰਾਵਾਰਾ ॥ ਅਨਦਿਨੁ ਹਰਿ ਸੇਵਿਹੁ ਸਚੀ ਬਾਣੀ ਹਰਿ ਜੀਉ ਸਬਦਿ ਮਿਲਾਇਦਾ ॥੧॥ ਹਰਿ ਚੇਤਹਿ ਤਿਨ ਬਲਿਹਾਰੈ ਜਾਉ ॥ ਗੁਰ ਕੈ ਸਬਦਿ ਤਿਨ ਮੇਲਿ ਮਿਲਾਉ ॥ ਤਿਨ ਕੀ ਧੂਰਿ ਲਾਈ ਮੁਖਿ ਮਸਤਕਿ ਸਤਸੰਗਤਿ ਬਹਿ ਗੁਣ ਗਾਇਦਾ ॥੨॥ ਹਰਿ ਕੇ ਗੁਣ ਗਾਵਾ ਜੇ ਹਰਿ ਪ੍ਰਭ ਭਾਵਾ ॥ ਅੰਤਰਿ ਹਰਿਨਾਮੁ ਸਬਦਿ ਸੁਹਾਵਾ ॥ ਗੁਰਬਾਣੀ ਚਹੁ ਕੁੰਡੀ ਸੁਣੀਐ ਸਾਚੈ ਨਾਮਿ ਸਮਾਇਦਾ ॥੩॥ ਸੋ ਜਨੁ ਸਾਚਾ ਜਿ ਅੰਤਰੁ ਭਾਲੇ ॥ ਗੁਰ ਕੈ ਸਬਦਿ ਹਰਿ ਨਦਰਿ ਨਿਹਾਲੇ ॥ ਗਿਆਨ ਅੰਜਨੁ ਪਾਏ ਗੁਰ ਸਬਦੀ ਨਦਰੀ ਨਦਰਿ ਮਿਲਾਇਦਾ ॥੪॥ {ਪੰਨਾ ੧੦੬੪-੧੦੬੫}

ਪਦ ਅਰਥ :—ਕਾਇਆ—ਸਰੀਰ । ਕੰਚਨੁ—ਸੋਨਾ, ਸੋਨੇ ਵਰਗੀ ਪਵਿੱਤਰ । ਤਿਥੈ—ਉਸ (ਸਰੀਰ) ਵਿਚ । ਜਿਸ ਦਾ—{ਸੰਬੰਧਕ 'ਦਾ' ਦੇ ਕਾਰਨ ਲਫ਼ਜ਼ 'ਜਿਸੁ' ਦਾ ੁ ਉੱਡ ਗਿਆ ਹੈ} ਜਿਸ ਪਰਮਾਤਮਾ ਦਾ । ਪਾਰਾਵਾਰਾ—ਪਾਰ-ਅਵਾਰ, ਪਾਰਲਾ ਉਰਲਾ ਬੰਨਾ । ਅਨਦਿਨੁ—ਹਰ ਰੋਜ਼ {ਅਨੁਦਿਨਾਜ਼} । ਸੇਵਿਹੁ—ਸੇਵਾ-ਭਗਤੀ ਕਰਦੇ ਰਿਹਾ ਕਰੋ । ਸਚੀ ਬਾਣੀ—ਸਦਾ-ਥਿਰ ਹਰੀ ਦੀ ਸਿਫ਼ਤਿ-ਸਾਲਾਹ ਦੀ ਬਾਣੀ ਦੀ ਰਾਹੀਂ । ਸਬਦਿ—ਸ਼ਬਦ ਦੀ ਰਾਹੀਂ ।੧।

ਚੇਤਹਿ—(ਜਿਹੜੇ ਮਨੁੱਖ) ਸਿਮਰਦੇ ਹਨ {ਬਹੁ-ਵਚਨ} । ਜਾਉ—ਜਾਉਂ, ਮੈਂ ਜਾਂਦਾ ਹਾਂ । ਤਿਨ ਮੇਲਿ—ਉਹਨਾਂ ਦੀ ਸੰਗਤਿ ਵਿਚ । ਮਿਲਾਉ—ਮਿਲਾਉਂ, ਮੈਂ ਮਿਲਦਾ ਹਾਂ । ਲਾਈ—ਲਾਈਂ, ਮੈਂ ਲਾਂਦਾ ਹਾਂ । ਮੁਖਿ—ਮੂੰਹ ਉਤੇ । ਮਸਤਕਿ—ਮੱਥੇ ਉਤੇ । ਬਹਿ—ਬੈਠ ਕੇ ।੨।

ਗਾਵਾ—ਗਾਵਾਂ, ਮੈਂ ਗਾਵਾਂ । ਭਾਵਾ—ਭਾਵਾਂ, ਮੈਂ ਚੰਗਾ ਲੱਗਾਂ । ਅੰਤਰਿ—ਅੰਦਰ । ਸਬਦਿ—ਗੁਰੂ ਦੇ ਸ਼ਬਦ ਦੀ ਰਾਹੀਂ । ਸੁਹਾਵਾ—ਸੁਹਾਵਾਂ, ਮੈਂ ਸੋਹਣਾ ਬਣ ਜਾਵਾਂ । ਚਹੁ ਕੁੰਡੀ—ਚੌਹਾਂ ਕੂਟਾਂ ਵਿਚ, ਸਾਰੇ ਸੰਸਾਰ ਵਿਚ । ਸੁਣੀਐ—ਸੁਣਿਆ ਜਾਂਦਾ ਹੈ, ਪ੍ਰਸਿੱਧ ਹੋ ਜਾਂਦਾ ਹੈ । ਸਾਚੈ—ਸਦਾ-ਥਿਰ ਪਰਮਾਤਮਾ ਵਿਚ । ਨਾਮਿ—ਨਾਮ ਦੀ ਰਾਹੀਂ ।੩।

ਸਾਚਾ—ਸਦਾ-ਥਿਰ ਜੀਵਨ ਵਾਲਾ, ਅਡੋਲ ਜੀਵਨ ਵਾਲਾ । ਜਿ—ਜਿਹੜਾ । ਅੰਤਰੁ—ਅੰਦਰਲਾ, ਹਿਰਦਾ {ਲਫ਼ਜ਼ 'ਅੰਤਰਿ' ਅਤੇ 'ਅੰਤਰੁ' ਦਾ ਫ਼ਰਕ ਚੇਤੇ ਰੱਖਣ-ਜੋਗ ਹੈ} । ਭਾਲੇ—ਖੋਜਦਾ ਹੈ, ਪੜਤਾਲਦਾ ਹੈ । ਕੈ ਸਬਦਿ—ਦੇ ਸ਼ਬਦ ਵਿਚ (ਜੁੜਿਆਂ) । ਨਦਰਿ—ਮਿਹਰ ਦੀ ਨਿਗਾਹ ਨਾਲ । ਨਿਹਾਲੇ—ਵੇਖਦਾ ਹੈ । ਅੰਜਨੁ—ਸੁਰਮਾ । ਨਦਰੀ—ਮਿਹਰ ਦੀ ਨਿਗਾਹ ਦਾ ਮਾਲਕ ।੪।

ਅਰਥ :—ਹੇ ਭਾਈ! ਜਿਹੜਾ ਮਨੁੱਖ ਗੁਰੂ ਦੇ ਸ਼ਬਦ ਨੂੰ ਆਪਣੇ ਹਿਰਦੇ ਵਿਚ ਵਸਾਂਦਾ ਹੈ, (ਸ਼ਬਦ ਦੀ ਬਰਕਤ ਨਾਲ ਵਿਕਾਰਾਂ ਤੋਂ ਬਚ ਸਕਣ ਨਾਲ ਉਸ ਦਾ) ਸਰੀਰ ਸੋਨੇ ਵਰਗਾ ਸੁੱਧ ਹੋ ਜਾਂਦਾ ਹੈ । ਜਿਸ ਪਰਮਾਤਮਾ ਦੇ ਗੁਣਾਂ ਦਾ ਅੰਤ ਨਹੀਂ ਪੈ ਸਕਦਾ, ਜਿਸ ਪਰਮਾਤਮਾ ਦੀ ਹਸਤੀ ਦਾ ਪਾਰਲਾ ਉਰਲਾ ਬੰਨਾ ਨਹੀਂ ਲੱਭ ਸਕਦਾ, ਉਹ ਪਰਮਾਤਮਾ ਉਸ (ਮਨੁੱਖ ਦੇ) ਹਿਰਦੇ ਵਿਚ ਆ ਵੱਸਦਾ ਹੈ । ਹੇ ਭਾਈ! ਸਦਾ-ਥਿਰ ਪ੍ਰਭੂ ਦੀ ਸਿਫ਼ਤਿ-ਸਾਲਾਹ ਦੀ ਬਾਣੀ ਦੀ ਰਾਹੀਂ ਪਰਮਾਤਮਾ ਦੀ ਸੇਵਾ-ਭਗਤੀ ਕਰਦੇ ਰਿਹਾ ਕਰੋ । ਪਰਮਾਤਮਾ ਗੁਰੂ ਦੇ ਸ਼ਬਦ ਵਿਚ ਜੋੜ ਕੇ ਆਪਣੇ ਨਾਲ ਮਿਲਾ ਲੈਂਦਾ ਹੈ ।੧।

ਹੇ ਭਾਈ! ਜਿਹੜੇ ਮਨੁੱਖ ਪਰਮਾਤਮਾ ਦਾ ਸਿਮਰਨ ਕਰਦੇ ਹਨ, ਮੈਂ ਉਹਨਾਂ ਤੋਂ ਕੁਰਬਾਨ ਜਾਂਦਾ ਹਾਂ । ਗੁਰੂ ਦੇ ਸ਼ਬਦ ਦੀ ਬਰਕਤ ਨਾਲ ਮੈਂ ਉਹਨਾਂ ਦੀ ਸੰਗਤਿ ਵਿਚ ਮਿਲਦਾ ਹਾਂ । ਹੇ ਭਾਈ! ਜਿਹੜੇ ਮਨੁੱਖ ਸਾਧ ਸੰਗਤਿ ਵਿਚ ਬੈਠ ਕੇ ਪਰਮਾਤਮਾ ਦੇ ਗੁਣ ਗਾਂਦੇ ਹਨ, ਮੈਂ ਉਹਨਾਂ (ਦੇ ਚਰਨਾਂ) ਦੀ ਧੂੜ ਆਪਣੇ ਮੂੰਹ ਉਤੇ ਆਪਣੇ ਮੱਥੇ ਉਤੇ ਲਾਂਦਾ ਹਾਂ ।੨।

ਹੇ ਭਾਈ! ਮੈਂ ਪਰਮਾਤਮਾ ਦੇ ਗੁਣ ਤਦੋਂ ਹੀ ਗਾ ਸਕਦਾ ਹਾਂ ਜੇ ਮੈਂ ਉਸ ਨੂੰ ਚੰਗਾ ਲੱਗਾਂ (ਜੇ ਮੇਰੇ ਉਤੇ ਉਸ ਦੀ ਮਿਹਰ ਹੋਵੇ) । ਹੇ ਭਾਈ! ਜੇ ਮੇਰੇ ਹਿਰਦੇ ਵਿਚ ਪਰਮਾਤਮਾ ਦਾ ਨਾਮ ਵੱਸ ਪਏ, ਤਾਂ ਗੁਰੂ ਦੇ ਸ਼ਬਦ ਦੀ ਬਰਕਤ ਨਾਲ ਮੇਰਾ ਜੀਵਨ ਸੋਹਣਾ ਬਣ ਜਾਂਦਾ ਹੈ ।

ਹੇ ਭਾਈ! ਜਿਹੜਾ ਮਨੁੱਖ ਗੁਰੂ ਦੀ ਬਾਣੀ ਵਿਚ ਜੁੜਦਾ ਹੈ, ਉਹ ਸਾਰੇ ਸੰਸਾਰ ਵਿਚ ਪਰਗਟ ਹੋ ਜਾਂਦਾ ਹੈ । ਨਾਮ ਵਿਚ ਲੀਨ ਰਿਹਾਂ ਮਨੁੱਖ ਸਦਾ ਕਾਇਮ ਰਹਿਣ ਵਾਲੇ ਪਰਮਾਤਮਾ ਵਿਚ ਸਮਾਇਆ ਰਹਿੰਦਾ ਹੈ ।੩।

ਹੇ ਭਾਈ! ਜਿਹੜਾ ਮਨੁੱਖ ਆਪਣੇ ਹਿਰਦੇ ਨੂੰ ਪੜਤਾਲਦਾ ਰਹਿੰਦਾ ਹੈ, ਉਹ ਮਨੁੱਖ (ਵਿਕਾਰਾਂ ਵਲੋਂ) ਅਡੋਲ ਜੀਵਨ ਵਾਲਾ ਬਣ ਜਾਂਦਾ ਹੈ । ਗੁਰੂ ਦੇ ਸ਼ਬਦ ਵਿਚ ਜੁੜਿਆਂ ਪਰਮਾਤਮਾ ਮਿਹਰ ਦੀ ਨਿਗਾਹ ਨਾਲ ਵੇਖਦਾ ਹੈ । ਹੇ ਭਾਈ! ਜਿਹੜਾ ਮਨੁੱਖ ਗੁਰੂ ਦੇ ਸ਼ਬਦ ਦੀ ਰਾਹੀਂ ਆਤਮਕ ਜੀਵਨ ਦੀ ਸੂਝ ਦਾ ਸੁਰਮਾ ਵਰਤਦਾ ਹੈ, ਮਿਹਰ ਦਾ ਮਾਲਕ ਪਰਮਾਤਮਾ ਉਸ ਨੂੰ ਆਪਣੀ ਮਿਹਰ ਨਾਲ (ਆਪਣੇ ਚਰਨਾਂ ਵਿਚ) ਮਿਲਾ ਲੈਂਦਾ ਹੈ ।੪।

ਵਡੈ ਭਾਗਿ ਇਹੁ ਸਰੀਰੁ ਪਾਇਆ ॥ ਮਾਣਸ ਜਨਮਿ ਸਬਦਿ ਚਿਤੁ ਲਾਇਆ ॥ ਬਿਨੁ ਸਬਦੈ ਸਭੁ ਅੰਧ ਅੰਧੇਰਾ ਗੁਰਮੁਖਿ ਕਿਸਹਿ ਬੁਝਾਇਦਾ ॥੫॥ ਇਕਿ ਕਿਤੁ ਆਏ ਜਨਮੁ ਗਵਾਏ ॥ ਮਨਮੁਖ ਲਾਗੇ ਦੂਜੈ ਭਾਏ ॥ ਏਹ ਵੇਲਾ ਫਿਰਿ ਹਾਥਿ ਨ ਆਵੈ ਪਗਿ ਖਿਸਿਐ ਪਛੁਤਾਇਦਾ ॥੬॥ ਗੁਰ ਕੈ ਸਬਦਿ ਪਵਿਤ੍ਰੁ ਸਰੀਰਾ ॥ ਤਿਸੁ ਵਿਚਿ ਵਸੈ ਸਚੁ ਗੁਣੀ ਗਹੀਰਾ ॥ ਸਚੋ ਸਚੁ ਵੇਖੈ ਸਭ ਥਾਈ ਸਚੁ ਸੁਣਿ ਮੰਨਿ ਵਸਾਇਦਾ ॥੭॥ ਹਉਮੈ ਗਣਤ ਗੁਰ ਸਬਦਿ ਨਿਵਾਰੇ ॥ ਹਰਿ ਜੀਉ ਹਿਰਦੈ ਰਖਹੁ ਉਰ ਧਾਰੇ ॥ ਗੁਰ ਕੈ ਸਬਦਿ ਸਦਾ ਸਾਲਾਹੇ ਮਿਲਿ ਸਾਚੇ ਸੁਖੁ ਪਾਇਦਾ ॥੮॥ {ਪੰਨਾ ੧੦੬੫}

ਪਦ ਅਰਥ :—ਵਡੈ ਭਾਗਿ—ਵੱਡੀ ਕਿਸਮਤ ਨਾਲ । ਜਨਮਿ—ਜਨਮ ਵਿਚ । ਸਬਦਿ—ਗੁਰੂ ਦੇ ਸ਼ਬਦ ਵਿਚ । ਅੰਧ ਅੰਧੇਰਾ—ਅੰਨ੍ਹਿਆਂ ਵਾਲਾ ਹਨੇਰਾ, ਘੁੱਪ ਹਨੇਰਾ, ਉਹ ਹਨੇਰਾ ਜਿਸ ਵਿਚ ਕੁਝ ਭੀ ਨਹੀਂ ਦਿੱਸਦਾ । ਕਿਸਹਿ—ਕਿਸੇ (ਵਿਰਲੇ) ਨੂੰ । ਗੁਰਮੁਖਿ—ਗੁਰੂ ਦੇ ਸਨਮੁਖ ਰਹਿਣ ਵਾਲਾ ਮਨੁੱਖ ।੫।

ਇਕਿ—{ਲਫ਼ਜ਼ 'ਇਕ' ਤੋਂ ਬਹੁ-ਵਚਨ} ਕਈ । ਕਿਤੁ—ਕਿਸ ਕੰਮ? ਕਿਤੁ ਆਏ—ਕਿਸ ਕੰਮ ਆਏ? ਵਿਅਰਥ ਹੀ ਜਗਤ ਵਿਚ ਆਏ । ਮਨਮੁਖ—ਆਪਣੇ ਮਨ ਦੇ ਪਿੱਛੇ ਤੁਰਨ ਵਾਲੇ । ਦੂਜੈ ਭਾਏ—ਦੂਜੈ ਭਾਇ, ਮਾਇਆ ਦੇ ਪਿਆਰ ਵਿਚ । ਹਾਥਿ—ਹੱਥ ਵਿਚ । ਹਾਥਿ ਨ ਆਵੈ—ਨਹੀਂ ਮਿਲਦਾ । ਪਗਿ ਖਿਸਿਐ—ਪੈਰ ਤਿਲਕਣ ਤੇ, ਮੌਤ ਆਉਣ ਤੇ ।੬।

ਕੈ ਸਬਦਿ—ਦੇ ਸ਼ਬਦ ਦੀ ਰਾਹੀਂ । ਸਚੁ—ਸਦਾ ਕਾਇਮ ਰਹਿਣ ਵਾਲਾ ਪਰਮਾਤਮਾ । ਗੁਣੀ—ਸਾਰੇ ਗੁਣਾਂ ਦਾ ਮਾਲਕ । ਗਹੀਰਾ—ਵੱਡੇ ਜਿਗਰੇ ਵਾਲਾ । ਸਚੋ ਸਚੁ—ਸਦਾ-ਥਿਰ ਪਰਮਾਤਮਾ ਨੂੰ ਹੀ । ਸਚੁ—ਸਦਾ-ਥਿਰ ਹਰਿ-ਨਾਮ । ਸੁਣਿ—ਸੁਣ ਕੇ । ਮੰਨਿ—ਮਨਿ, ਮਨ ਵਿਚ ।੭।

ਹਉਮੈ ਗਣਤ—ਹਉਮੈ ਦੀਆਂ ਚਿਤਵਨੀਆਂ, ਵੱਡਾ ਬਣਨ ਦੀਆਂ ਸੋਚਾਂ । ਨਿਵਾਰੇ—ਦੂਰ ਕਰ (ਸਕਦਾ) ਹੈ । ਉਰ—ਹਿਰਦਾ । ਧਾਰੇ—ਧਾਰਿ, ਟਿਕਾ ਕੇ । ਸਾਲਾਹੇ—ਸਿਫ਼ਤਿ-ਸਾਲਾਹ ਕਰਦਾ ਹੈ । ਮਿਲਿ—ਮਿਲ ਕੇ । ਸਾਚੇ—ਸਦਾ-ਥਿਰ ਪਰਮਾਤਮਾ ਵਿਚ ।੮।

ਅਰਥ :—ਹੇ ਭਾਈ! ਇਹ ਮਨੁੱਖਾ ਸਰੀਰ ਬੜੀ ਕਿਸਮਤ ਨਾਲ ਮਿਲਦਾ ਹੈ, (ਪਰ ਉਸੇ ਨੂੰ ਹੀ ਮਿਲਿਆ ਜਾਣੋ, ਜਿਸ ਨੇ) ਮਨੁੱਖਾ ਜਨਮ ਵਿਚ (ਆ ਕੇ) ਗੁਰੂ ਦੇ ਸ਼ਬਦ ਵਿਚ ਆਪਣਾ ਮਨ ਜੋੜਿਆ । ਕਿਸੇ ਵਿਰਲੇ ਨੂੰ ਹੀ ਗੁਰੂ ਦੀ ਰਾਹੀਂ ਪਰਮਾਤਮਾ ਇਹ ਸਮਝ ਬਖ਼ਸ਼ਦਾ ਹੈ ਕਿ ਗੁਰੂ ਦੇ ਸ਼ਬਦ ਤੋਂ ਬਿਨਾ (ਜੀਵਨ-ਸਫ਼ਰ ਵਿਚ ਮਨੁੱਖ ਵਾਸਤੇ) ਹਰ ਥਾਂ ਘੁੱਪ ਹਨੇਰਾ ਹੈ ।੫।

ਹੇ ਭਾਈ! ਕਈ ਮਨੁੱਖ ਮਨੁੱਖਾ ਜਨਮ ਗਵਾ ਕੇ ਜਗਤ ਵਿਚ ਵਿਅਰਥ ਹੀ ਆਏ (ਜਾਣੋ) ਕਿਉਂਕਿ ਆਪਣੇ ਮਨ ਦੇ ਪਿੱਛੇ ਤੁਰਨ ਵਾਲੇ ਉਹ ਬੰਦੇ ਮਾਇਆ ਦੇ ਪਿਆਰ ਵਿਚ ਹੀ ਲੱਗੇ ਰਹੇ । ਹੇ ਭਾਈ! ਮਨੁੱਖਾ ਜਨਮ ਵਾਲਾ ਇਹ ਸਮਾ ਫਿਰ ਨਹੀਂ ਮਿਲਦਾ (ਇਸ ਨੂੰ ਵਿਕਾਰਾਂ ਵਿਚ ਗਵਾ ਕੇ) ਮੌਤ ਆਉਣ ਤੇ ਮਨੁੱਖ ਪਛੁਤਾਂਦਾ ਹੈ ।੬।

ਹੇ ਭਾਈ! ਗੁਰੂ ਦੇ ਸ਼ਬਦ ਵਿਚ ਜੁੜ ਕੇ (ਜਿਸ ਮਨੁੱਖ ਦਾ) ਸਰੀਰ (ਵਿਕਾਰਾਂ ਵਲੋਂ) ਪਵਿੱਤਰ ਰਹਿੰਦਾ ਹੈ, ਉਸ ਮਨੁੱਖ ਦੇ ਇਸ ਸਰੀਰ ਵਿਚ ਉਹ ਪਰਮਾਤਮਾ ਆ ਵੱਸਦਾ ਹੈ ਜੋ ਸਦਾ ਕਾਇਮ ਰਹਿਣ ਵਾਲਾ ਹੈ ਜੋ ਸਾਰੇ ਗੁਣਾਂ ਦਾ ਮਾਲਕ ਹੈ ਅਤੇ ਜੋ ਵੱਡੇ ਜਿਗਰੇ ਵਾਲਾ ਹੈ । ਉਹ ਮਨੁੱਖ (ਫਿਰ) ਹਰ ਥਾਂ ਸਦਾ-ਥਿਰ ਰਹਿਣ ਵਾਲੇ ਪਰਮਾਤਮਾ ਨੂੰ ਹੀ ਵੇਖਦਾ ਹੈ, ਸਦਾ-ਥਿਰ ਹਰਿ-ਨਾਮ ਨੂੰ ਸੁਣ ਕੇ ਆਪਣੇ ਮਨ ਵਿਚ ਵਸਾਈ ਰੱਖਦਾ ਹੈ ।੭।

ਹੇ ਭਾਈ! ਹਉਮੈ ਦੀਆਂ ਗਿਣਤੀਆਂ (ਮਨੁੱਖ) ਗੁਰੂ ਦੇ ਸ਼ਬਦ ਦੀ ਰਾਹੀਂ (ਹੀ) ਦੂਰ ਕਰ ਸਕਦਾ ਹੈ । (ਤਾਂ ਤੇ, ਹੇ ਭਾਈ! ਗੁਰੂ ਦੇ ਸ਼ਬਦ ਦੀ ਰਾਹੀਂ) ਪਰਮਾਤਮਾ ਨੂੰ ਆਪਣੇ ਹਿਰਦੇ ਵਿਚ ਵਸਾਈ ਰੱਖੋ । ਜਿਹੜਾ ਮਨੁੱਖ ਗੁਰੂ ਦੇ ਸ਼ਬਦ ਦੀ ਰਾਹੀਂ ਸਦਾ ਪਰਮਾਤਮਾ ਦੀ ਸਿਫ਼ਤਿ-ਸਾਲਾਹ ਕਰਦਾ ਰਹਿੰਦਾ ਹੈ, ਉਹ ਸਦਾ-ਥਿਰ ਪ੍ਰਭੂ ਵਿਚ ਜੁੜ ਕੇ ਆਤਮਕ ਆਨੰਦ ਮਾਣਦਾ ਹੈ ।੮।

ਸੋ ਚੇਤੇ ਜਿਸੁ ਆਪਿ ਚੇਤਾਏ ॥ ਗੁਰ ਕੈ ਸਬਦਿ ਵਸੈ ਮਨਿ ਆਏ ॥ ਆਪੇ ਵੇਖੈ ਆਪੇ ਬੂਝੈ ਆਪੈ ਆਪੁ ਸਮਾਇਦਾ ॥੯॥ ਜਿਨਿ ਮਨ ਵਿਚਿ ਵਥੁ ਪਾਈ ਸੋਈ ਜਾਣੈ ॥ ਗੁਰ ਕੈ ਸਬਦੇ ਆਪੁ ਪਛਾਣੈ ॥ ਆਪੁ ਪਛਾਣੈ ਸੋਈ ਜਨੁ ਨਿਰਮਲੁ ਬਾਣੀ ਸਬਦੁ ਸੁਣਾਇਦਾ ॥੧੦॥ ਏਹ ਕਾਇਆ ਪਵਿਤੁ ਹੈ ਸਰੀਰੁ ॥ ਗੁਰ ਸਬਦੀ ਚੇਤੈ ਗੁਣੀ ਗਹੀਰੁ ॥ ਅਨਦਿਨੁ ਗੁਣ ਗਾਵੈ ਰੰਗਿ ਰਾਤਾ ਗੁਣ ਕਹਿ ਗੁਣੀ ਸਮਾਇਦਾ ॥੧੧॥ ਏਹੁ ਸਰੀਰੁ ਸਭ ਮੂਲੁ ਹੈ ਮਾਇਆ ॥ ਦੂਜੈ ਭਾਇ ਭਰਮਿ ਭੁਲਾਇਆ ॥ ਹਰਿ ਨ ਚੇਤੈ ਸਦਾ ਦੁਖੁ ਪਾਏ ਬਿਨੁ ਹਰਿ ਚੇਤੇ ਦੁਖੁ ਪਾਇਦਾ ॥੧੨॥ {ਪੰਨਾ ੧੦੬੫}

ਪਦ ਅਰਥ :—ਚੇਤੇ—ਸਿਮਰਦਾ ਹੈ । ਚੇਤਾਏ—ਸਿਮਰਨ ਲਈ ਪ੍ਰੇਰਦਾ ਹੈ । ਸਬਦਿ—ਸ਼ਬਦ ਦੀ ਰਾਹੀਂ । ਮਨਿ—ਮਨ ਵਿਚ । ਆਏ—ਆਇ, ਆ ਕੇ । ਆਪੇ—ਆਪ ਹੀ । ਬੂਝੈ—ਸਮਝਦਾ ਹੈ {ਇਕ-ਵਚਨ} । ਆਪੈ—ਆਪਣੇ ਆਪ ਵਿਚ । ਆਪੁ—ਆਪਣੇ ਆਪ ਨੂੰ । ਸਮਾਇਦਾ—ਲੀਨ ਕਰਦਾ ਹੈ ।੯।

ਜਿਨਿ—ਜਿਸ (ਮਨੁੱਖ) ਨੇ । ਵਥੁ—ਨਾਮ-ਪਦਾਰਥ । ਪਾਈ—ਲੱਭ ਲਈ । ਸੋਈ—ਉਹੀ ਮਨੁੱਖ । ਜਾਣੈ—ਕਦਰ ਸਮਝਦਾ ਹੈ । ਕੈ ਸਬਦੇ—ਦੇ ਸ਼ਬਦ ਦੀ ਰਾਹੀਂ । ਆਪੁ—ਆਪਣੇ ਆਪ ਨੂੰ, ਆਪਣੇ ਜੀਵਨ ਨੂੰ । ਪਛਾਣੈ—ਪੜਤਾਲਦਾ ਹੈ । ਨਿਰਮਲੁ—ਪਵਿੱਤਰ ਜੀਵਨ ਵਾਲਾ ।੧੦।

ਕਾਇਆ—ਸਰੀਰ । ਚੇਤੈ—ਸਿਮਰਦਾ ਹੈ । ਗੁਣੀ—ਗੁਣਾਂ ਦੇ ਮਾਲਕ ਨੂੰ । ਗਹੀਰੁ—ਡੂੰਘੇ ਜਿਗਰੇ ਵਾਲਾ । ਅਨਦਿਨੁ—ਹਰ ਰੋਜ਼ । ਗਾਵੈ—ਗਾਂਦਾ ਹੈ {ਇਕ-ਵਚਨ} । ਰੰਗਿ—ਪ੍ਰੇਮ-ਰੰਗ ਵਿਚ । ਰਾਤਾ—ਰੰਗਿਆ ਹੋਇਆ । ਕਹਿ—ਕਹਿ ਕੇ, ਉਚਾਰ ਕੇ ।੧੧।

ਮੂਲੁ—ਮੁੱਢ, ਕਾਰਨ । ਦੂਜੈ ਭਾਇ—ਹੋਰ ਹੋਰ ਪਿਆਰ ਵਿਚ । ਭਰਮਿ—ਭਟਕਣਾ ਵਿਚ । ਭੁਲਾਇਆ—ਕੁਰਾਹੇ ਪਿਆ ਹੋਇਆ ।੧੨।

ਅਰਥ :—ਹੇ ਭਾਈ! ਪਰਮਾਤਮਾ ਦਾ ਨਾਮ ਉਹ ਮਨੁੱਖ (ਹੀ) ਸਿਮਰਦਾ ਹੈ ਜਿਸ ਨੂੰ ਪਰਮਾਤਮਾ ਆਪ ਸਿਮਰਨ ਦੀ ਪ੍ਰੇਰਨਾ ਕਰਦਾ ਹੈ । ਗੁਰੂ ਦੇ ਸ਼ਬਦ ਦੀ ਰਾਹੀਂ ਪਰਮਾਤਮਾ ਉਸ ਦੇ ਮਨ ਵਿਚ ਵੱਸਦਾ ਹੈ । (ਹਰੇਕ ਵਿਚ ਵਿਆਪਕ ਪਰਮਾਤਮਾ) ਆਪ ਹੀ (ਉਸ ਮਨੁੱਖ ਦੇ ਹਰੇਕ ਕੰਮ ਨੂੰ) ਵੇਖਦਾ ਹੈ, ਆਪ ਹੀ (ਉਸ ਦੇ ਦਿਲ ਦੀ) ਸਮਝਦਾ ਹੈ, ਅਤੇ (ਆਪ ਹੀ ਉਸ ਮਨੁੱਖ ਵਿਚ ਵੱਸਦਾ ਹੋਇਆ) ਆਪਣੇ ਆਪ ਨੂੰ ਆਪਣੇ ਆਪੇ ਵਿਚ ਲੀਨ ਕਰਦਾ ਹੈ ।੯।

ਹੇ ਭਾਈ! (ਪਰਮਾਤਮਾ ਦੀ ਕਿਰਪਾ ਨਾਲ) ਜਿਸ (ਮਨੁੱਖ) ਨੇ ਪਰਮਾਤਮਾ ਦਾ ਨਾਮ-ਪਦਾਰਥ (ਆਪਣੇ) ਮਨ ਵਿਚ ਲੱਭ ਲਿਆ, ਉਹ ਹੀ (ਉਸ ਦੀ ਕਦਰ) ਸਮਝਦਾ ਹੈ । ਗੁਰੂ ਦੇ ਸ਼ਬਦ ਦੀ ਰਾਹੀਂ (ਉਹ ਮਨੁੱਖ) ਆਪਣੇ ਜੀਵਨ ਨੂੰ ਪੜਤਾਲਦਾ ਰਹਿੰਦਾ ਹੈ । (ਜਿਹੜਾ ਮਨੁੱਖ) ਆਪਣੇ ਜੀਵਨ ਨੂੰ ਪੜਤਾਲਦਾ ਹੈ ਉਹੀ ਮਨੁੱਖ ਜੀਵਨ ਵਾਲਾ ਹੋ ਜਾਂਦਾ ਹੈ, (ਉਹ ਫਿਰ ਹੋਰਨਾਂ ਨੂੰ ਭੀ) ਸਿਫ਼ਤਿ-ਸਾਲਾਹ ਦੀ ਬਾਣੀ ਗੁਰੂ ਦਾ ਸ਼ਬਦ ਸੁਣਾਂਦਾ ਹੈ ।੧੦।

ਹੇ ਭਾਈ! ਜਿਹੜਾ ਮਨੁੱਖ ਗੁਰੂ ਦੇ ਸ਼ਬਦ ਵਿਚ ਜੁੜ ਕੇ ਗੁਣਾਂ ਦੇ ਮਾਲਕ ਡੂੰਘੇ ਜਿਗਰੇ ਵਾਲੇ ਪਰਮਾਤਮਾ ਨੂੰ ਸਿਮਰਦਾ ਹੈ, ਉਸ ਦਾ ਇਹ ਸਰੀਰ (ਵਿਕਾਰਾਂ ਤੋਂ ਬਚ ਕੇ) ਪਵਿੱਤਰ ਹੋ ਜਾਂਦਾ ਹੈ । ਉਹ ਮਨੁੱਖ ਪਰਮਾਤਮਾ ਦੇ ਪ੍ਰੇਮ-ਰੰਗ ਵਿਚ ਰੰਗੀਜ ਕੇ ਹਰ ਵੇਲੇ ਪਰਮਾਤਮਾ ਦੇ ਗੁਣ ਗਾਂਦਾ ਹੈ । ਪਰਮਾਤਮਾ ਦੇ ਗੁਣ ਉਚਾਰ ਕੇ ਉਹ ਗੁਣਾਂ ਦੇ ਮਾਲਕ ਪ੍ਰਭੂ ਵਿਚ ਲੀਨ ਹੋ ਜਾਂਦਾ ਹੈ ।੧੧।

ਪਰ, ਹੇ ਭਾਈ! ਜਿਹੜਾ ਮਨੁੱਖ (ਪਰਮਾਤਮਾ ਨੂੰ ਛੱਡ ਕੇ) ਹੋਰ ਹੋਰ ਪਿਆਰ ਵਿਚ ਫਸਦਾ ਹੈ, ਭਟਕਣਾ ਵਿਚ ਪੈ ਕੇ ਕੁਰਾਹੇ ਪਿਆ ਰਹਿੰਦਾ ਹੈ, ਉਸ ਦਾ ਇਹ ਸਰੀਰ ਨਿਰਾ ਮਾਇਆ ਦੇ ਮੋਹ ਦਾ ਕਾਰਨ ਬਣ ਜਾਂਦਾ ਹੈ । ਹੇ ਭਾਈ! ਜਿਹੜਾ ਮਨੁੱਖ ਪਰਮਾਤਮਾ ਦਾ ਨਾਮ ਨਹੀਂ ਸਿਮਰਦਾ, ਉਹ ਸਦਾ ਦੁੱਖ ਪਾਂਦਾ ਹੈ, (ਇਹ ਪੱਕੀ ਗੱਲ ਹੈ ਕਿ) ਪ੍ਰਭੂ ਦਾ ਨਾਮ ਸਿਮਰਨ ਤੋਂ ਬਿਨਾ ਮਨੁੱਖ ਦੁੱਖ ਪਾਂਦਾ ਹੈ ।੧੨।

ਜਿ ਸਤਿਗੁਰੁ ਸੇਵੇ ਸੋ ਪਰਵਾਣੁ ॥ ਕਾਇਆ ਹੰਸੁ ਨਿਰਮਲੁ ਦਰਿ ਸਚੈ ਜਾਣੁ ॥ ਹਰਿ ਸੇਵੇ ਹਰਿ ਮੰਨਿ ਵਸਾਏ ਸੋਹੈ ਹਰਿ ਗੁਣ ਗਾਇਦਾ ॥੧੩॥ ਬਿਨੁ ਭਾਗਾ ਗੁਰੁ ਸੇਵਿਆ ਨ ਜਾਇ ॥ ਮਨਮੁਖ ਭੂਲੇ ਮੁਏ ਬਿਲਲਾਇ ॥ ਜਿਨ ਕਉ ਨਦਰਿ ਹੋਵੈ ਗੁਰ ਕੇਰੀ ਹਰਿ ਜੀਉ ਆਪਿ ਮਿਲਾਇਦਾ ॥੧੪॥ ਕਾਇਆ ਕੋਟੁ ਪਕੇ ਹਟਨਾਲੇ ॥ ਗੁਰਮੁਖਿ ਲੇਵੈ ਵਸਤੁ ਸਮਾਲੇ ॥ ਹਰਿ ਕਾ ਨਾਮੁ ਧਿਆਇ ਦਿਨੁ ਰਾਤੀ ਊਤਮ ਪਦਵੀ ਪਾਇਦਾ ॥੧੫॥ ਆਪੇ ਸਚਾ ਹੈ ਸੁਖਦਾਤਾ ॥ ਪੂਰੇ ਗੁਰ ਕੈ ਸਬਦਿ ਪਛਾਤਾ ॥ ਨਾਨਕ ਨਾਮੁ ਸਲਾਹੇ ਸਾਚਾ ਪੂਰੈ ਭਾਗਿ ਕੋ ਪਾਇਦਾ ॥੧੬॥੭॥੨੧॥ {ਪੰਨਾ ੧੦੬੫}

ਪਦ ਅਰਥ :—ਜਿ—ਜਿਹੜਾ ਮਨੁੱਖ । ਸਤਿਗੁਰੁ ਸੇਵੇ—ਗੁਰੂ ਦੀ ਸਰਨ ਪੈਂਦਾ ਹੈ । ਪਰਵਾਣੁ—ਕਬੂਲ । ਕਾਇਆ—ਸਰੀਰ । ਹੰਸੁ—ਆਤਮਾ । ਦਰਿ ਸਚੈ—ਸਦਾ-ਥਿਰ ਪ੍ਰਭੂ ਦੇ ਦਰ ਤੇ । ਜਾਣੁ—ਜਾਣੂ-ਪਛਾਣੂ । ਸੇਵੇ—ਸੇਵਾ-ਭਗਤੀ ਕਰਦਾ ਹੈ । ਮੰਨਿ—ਮਨਿ, ਮਨ ਵਿਚ । ਸੋਹੈ—ਸੋਹਣਾ ਲੱਗਦਾ ਹੈ, ਸੋਹਣੇ ਜੀਵਨ ਵਾਲਾ ਬਣ ਜਾਂਦਾ ਹੈ ।੧੩।

ਭਾਗਾ—ਭਾਗਾਂ, ਕਿਸਮਤ । ਮਨਮੁਖ—ਆਪਣੇ ਮਨ ਦੇ ਪਿਛੇ ਤੁਰਨ ਵਾਲੇ । ਭੂਲੇ—ਕੁਰਾਹੇ ਪਏ ਰਹਿੰਦੇ ਹਨ । ਮੁਏ—ਆਤਮਕ ਮੌਤ ਸਹੇੜਦੇ ਹਨ । ਬਿਲਲਾਇ—ਵਿਲਕ ਕੇ, ਦੁਖੀ ਹੋ ਹੋ ਕੇ । ਕੇਰੀ—ਦੀ । ਨਦਰਿ—ਮਿਹਰ ਦੀ ਨਿਗਾਹ ।੧੪।

ਕੋਟੁ—ਕਿਲ੍ਹਾ । ਪਕੇ—ਪੱਕੇ, (ਵਿਕਾਰਾਂ ਦੇ ਟਾਕਰੇ ਤੇ) ਅਡੋਲ ਰਹਿਣ ਵਾਲੇ । ਹਟਨਾਲੇ—ਹੱਟਾਂ ਦੀਆਂ ਕਤਾਰਾਂ, ਬਾਜ਼ਾਰ (ਗਿਆਨ-ਇੰਦ੍ਰੇ) । ਲੇਵੈ ਸਮਾਲੈ—ਸਮਾਲਿ ਲੇਵੈ, ਸਾਂਭ ਲੈਂਦਾ ਹੈ । ਵਸਤੁ—ਨਾਮ ਪਦਾਰਥ । ਗੁਰਮੁਖਿ—ਗੁਰੂ ਦੀ ਸਰਨ ਪੈ ਕੇ । ਪਦਵੀ—ਦਰਜਾ ।੧੫।

ਆਪੇ—ਆਪ ਹੀ । ਸਚਾ—ਸੱਚਾ, ਸਦਾ ਕਾਇਮ ਰਹਿਣ ਵਾਲਾ । ਗੁਰ ਕੈ ਸਬਦਿ—ਗੁਰੂ ਦੇ ਸ਼ਬਦ ਦੀ ਰਾਹੀਂ । ਪਛਾਤਾ—ਪਛਾਣਿਆ ਜਾ ਸਕਦਾ ਹੈ, ਸਾਂਝ ਪਾਈ ਜਾ ਸਕਦੀ ਹੈ । ਸਲਾਹੇ—ਸਿਫ਼ਤਿ-ਸਾਲਾਹ ਕਰਦਾ ਹੈ । ਕੋ—ਕੋਈ (ਵਿਰਲਾ) ।੧੬।

ਅਰਥ :—ਹੇ ਭਾਈ! ਜਿਹੜਾ ਮਨੁੱਖ ਗੁਰੂ ਦੀ ਸਰਨ ਪੈਂਦਾ ਹੈ, ਉਹ (ਲੋਕ ਪਰਲੋਕ ਵਿਚ) ਆਦਰ-ਜੋਗ ਹੋ ਜਾਂਦਾ ਹੈ । ਉਸ ਦਾ ਸਰੀਰ (ਵਿਕਾਰਾਂ ਵਲੋਂ) ਪਵਿੱਤਰ ਰਹਿੰਦਾ ਹੈ, ਉਸ ਦੀ ਆਤਮਾ ਪਵਿੱਤਰ ਰਹਿੰਦੀ ਹੈ । ਸਦਾ-ਥਿਰ ਪਰਮਾਤਮਾ ਦੇ ਦਰ ਤੇ ਉਹ ਜਾਣੂ-ਪਛਾਣੂ ਹੋ ਜਾਂਦਾ ਹੈ (ਸਤਕਾਰ ਪ੍ਰਾਪਤ ਕਰਦਾ ਹੈ) । ਉਹ ਮਨੁੱਖ ਪਰਮਾਤਮਾ ਦੀ ਸੇਵਾ-ਭਗਤੀ ਕਰਦਾ ਹੈ, ਪਰਮਾਤਮਾ ਨੂੰ ਮਨ ਵਿਚ ਵਸਾਈ ਰੱਖਦਾ ਹੈ, ਪਰਮਾਤਮਾ ਦੇ ਗੁਣ ਗਾਂਦਾ ਸੋਹਣੇ ਜੀਵਨ ਵਾਲਾ ਬਣ ਜਾਂਦਾ ਹੈ ।੧੩।

ਪਰ, ਹੇ ਭਾਈ! ਕਿਸਮਤ ਤੋਂ ਬਿਨਾ ਗੁਰੂ ਦੀ ਸਰਨ ਨਹੀਂ ਪਿਆ ਜਾ ਸਕਦਾ । ਆਪਣੇ ਮਨ ਦੇ ਪਿੱਛੇ ਤੁਰਨ ਵਾਲੇ ਮਨੁੱਖ ਕੁਰਾਹੇ ਪਏ ਰਹਿੰਦੇ ਹਨ, ਬੜੇ ਦੁੱਖੀ ਹੋ ਹੋ ਕੇ ਆਤਮਕ ਮੌਤ ਸਹੇੜੀ ਰੱਖਦੇ ਹਨ । ਹੇ ਭਾਈ! ਜਿਨ੍ਹਾਂ ਮਨੁੱਖਾਂ ਉਤੇ ਗੁਰੂ ਦੀ ਮਿਹਰ ਦੀ ਨਿਗਾਹ ਹੁੰਦੀ ਹੈ, ਉਹਨਾਂ ਨੂੰ ਪਰਮਾਤਮਾ ਆਪਣੇ (ਚਰਨਾਂ) ਵਿਚ ਜੋੜ ਲੈਂਦਾ ਹੈ ।੧੪।

ਹੇ ਭਾਈ! ਜਿਹੜਾ ਮਨੁੱਖ ਗੁਰੂ ਦੇ ਸਨਮੁਖ ਹੋ ਕੇ (ਆਪਣੇ ਅੰਦਰ) ਨਾਮ-ਪਦਾਰਥ ਸਾਂਭ ਲੈਂਦਾ ਹੈ (ਵਿਕਾਰਾਂ ਦੇ ਟਾਕਰੇ ਤੇ ਉਸ ਦਾ) ਸਰੀਰ (ਇਕ ਐਸਾ) ਕਿਲ੍ਹਾ (ਬਣ ਜਾਂਦਾ) ਹੈ (ਜਿਸ ਦੇ) ਬਾਜ਼ਾਰ (ਗਿਆਨ-ਇੰਦ੍ਰੇ ਵਿਕਾਰਾਂ ਦੇ ਮੁਕਾਬਲੇ ਤੇ) ਅਡੋਲ (ਹੋ ਜਾਂਦੇ) ਹਨ । ਉਹ ਮਨੁੱਖ ਦਿਨ ਰਾਤ ਪਰਮਾਤਮਾ ਦਾ ਨਾਮ ਸਿਮਰ ਕੇ ਉੱਚਾ ਆਤਮਕ ਦਰਜਾ ਹਾਸਲ ਕਰ ਲੈਂਦਾ ਹੈ ।੧੫।

ਹੇ ਨਾਨਕ! (ਆਖ—ਹੇ ਭਾਈ!) ਸਦਾ ਕਾਇਮ ਰਹਿਣ ਵਾਲਾ ਪਰਮਾਤਮਾ ਆਪ ਹੀ (ਸਾਰੇ) ਸੁਖ ਦੇਣ ਵਾਲਾ ਹੈ । ਪੂਰੇ ਗੁਰੂ ਦੇ ਸ਼ਬਦ ਵਿਚ ਜੁੜ ਕੇ ਉਸ ਨਾਲ ਸਾਂਝ ਪਾਈ ਜਾ ਸਕਦੀ ਹੈ । ਪੂਰੀ ਕਿਸਮਤ ਨਾਲ ਮਨੁੱਖ ਇਹ ਦਾਤਿ ਪ੍ਰਾਪਤ ਕਰਦਾ ਹੈ ਕਿ ਸਦਾ-ਥਿਰ ਹਰਿ-ਨਾਮ ਦੀ ਸਿਫ਼ਤਿ-ਸਾਲਾਹ ਕਰਦਾ ਰਹਿੰਦਾ ਹੈ ।੧੬।੭।੨੧।

ਮਾਰੂ ਮਹਲਾ ੩ ॥ ਨਿਰੰਕਾਰਿ ਆਕਾਰੁ ਉਪਾਇਆ ॥ ਮਾਇਆ ਮੋਹੁ ਹੁਕਮਿ ਬਣਾਇਆ ॥ ਆਪੇ ਖੇਲ ਕਰੇ ਸਭਿ ਕਰਤਾ ਸੁਣਿ ਸਾਚਾ ਮੰਨਿ ਵਸਾਇਦਾ ॥੧॥ ਮਾਇਆ ਮਾਈ ਤ੍ਰੈ ਗੁਣ ਪਰਸੂਤਿ ਜਮਾਇਆ ॥ ਚਾਰੇ ਬੇਦ ਬ੍ਰਹਮੇ ਨੋ ਫੁਰਮਾਇਆ ॥ ਵਰ੍ਹੇ ਮਾਹ ਵਾਰ ਥਿਤੀ ਕਰਿ ਇਸੁ ਜਗ ਮਹਿ ਸੋਝੀ ਪਾਇਦਾ ॥੨॥ ਗੁਰ ਸੇਵਾ ਤੇ ਕਰਣੀ ਸਾਰ ॥ ਰਾਮ ਨਾਮੁ ਰਾਖਹੁ ਉਰਿਧਾਰ ॥ ਗੁਰਬਾਣੀ ਵਰਤੀ ਜਗ ਅੰਤਰਿ ਇਸੁ ਬਾਣੀ ਤੇ ਹਰਿ ਨਾਮੁ ਪਾਇਦਾ ॥੩॥ ਵੇਦੁ ਪੜੈ ਅਨਦਿਨੁ ਵਾਦ ਸਮਾਲੇ ॥ ਨਾਮੁ ਨ ਚੇਤੈ ਬਧਾ ਜਮਕਾਲੇ ॥ ਦੂਜੈ ਭਾਇ ਸਦਾ ਦੁਖੁ ਪਾਏ ਤ੍ਰੈ ਗੁਣ ਭਰਮਿ ਭੁਲਾਇਦਾ ॥੪॥ {ਪੰਨਾ ੧੦੬੬}

ਪਦ ਅਰਥ :—ਨਿਰੰਕਾਰਿ—ਨਿਰੰਕਾਰ ਨੇ, ਆਕਾਰ-ਰਹਿਤ ਪਰਮਾਤਮਾ ਨੇ । ਆਕਾਰੁ—ਇਹ ਦਿੱਸਦਾ ਜਗਤ । ਉਪਾਇਆ—ਪੈਦਾ ਕੀਤਾ । ਹੁਕਮਿ—(ਆਪਣੇ) ਹੁਕਮ ਅਨੁਸਾਰ । ਆਪੇ—(ਨਿਰੰਕਾਰ) ਆਪ ਹੀ । ਖੇਲ—{ਬਹੁ-ਵਚਨ} । ਸਭਿ—ਸਾਰੇ । ਸੁਣਿ—ਸੁਣ ਕੇ । ਸਾਚਾ—ਸਦਾ ਕਾਇਮ ਰਹਿਣ ਵਾਲਾ ਪਰਮਾਤਮਾ । ਮੰਨਿ—ਮਨਿ, ਮਨ ਵਿਚ ।੧।

ਮਾਈ—ਮਾਂ । ਮਾਇਆ ਮਾਈ—ਮਾਇਆ-ਮਾਂ (ਦੀ ਰਾਹੀਂ) । ਪਰਸੂਤਿ—{ਪ੍ਰਸੂਤਿ—ੋਡਡਸਪਰਨਿਗ, ਪਰੋਗeਨੇ, ਸਿਸੁe} ਬੱਚੇ । ਤ੍ਰੈ ਗੁਣ ਪਰਸੂਤਿ—ਤ੍ਰੈ-ਗੁਣੀ ਜੀਵ । ਜਮਾਇਆ—ਪੈਦਾ ਕੀਤੇ । ਥਿਤੀ—{'ਥਿਤਿ' ਤੋਂ ਬਹੁ-ਵਚਨ} ਥਿੱਤਾਂ । ਕਰਿ—ਕਰ ਕੇ, ਬਣਾ ਕੇ । ਸੋਝੀ—(ਸਮੇ ਆਦਿਕ ਦੀ) ਸੂਝ ।੨।

ਤੇ—ਤੋਂ । ਕਰਣੀ—ਕਰਨ-ਜੋਗ ਕੰਮ । ਸਾਰ—ਸ੍ਰੇਸ਼ਟ । ਸਾਰ ਕਰਣੀ—ਸ੍ਰੇਸ਼ਟ ਕਰਨ-ਜੋਗ ਕੰਮ । ਉਰਿ—ਹਿਰਦੇ ਵਿਚ । ਉਰਿਧਾਰ—ਹਿਰਦੇ ਵਿਚ ਟਿਕਾ ਕੇ । ਜਗ ਅੰਤਰਿ—ਜਗਤ ਵਿਚ । ਵਰਤੀ—(ਜਿਸ ਦੇ ਹਿਰਦੇ ਵਿਚ) ਆ ਵੱਸੀ । ਇਸੁ ਬਾਣੀ ਤੇ—ਇਸ ਬਾਣੀ ਤੋਂ, ਇਸ ਬਾਣੀ ਦੀ ਰਾਹੀਂ ।੩।

ਪੜੈ—ਪੜ੍ਹਦਾ ਹੈ {ਇਕ-ਵਚਨ} । ਅਨਦਿਨੁ {ਅਨੁਦਿਨਾਜ਼} ਹਰ ਰੋਜ਼ । ਵਾਦ—{ਬਹੁ-ਵਚਨ} ਝਗੜੇ, ਬਹਸਾਂ । ਸਮਾਲੇ—ਸੰਭਾਲਦਾ ਹੈ, ਕਰਦਾ ਹੈ । ਚੇਤੈ—ਸਿਮਰਦਾ । ਦੂਜੈ ਭਾਇ—(ਪ੍ਰਭੂ ਤੋਂ ਬਿਨਾ) ਹੋਰ ਹੋਰ ਦੇ ਪਿਆਰ ਵਿਚ । ਤ੍ਰੈ ਗੁਣ ਭਰਮਿ—ਮਾਇਆ ਦੇ ਤਿੰਨ ਗੁਣਾਂ ਦੀ ਭਟਕਣਾ ਵਿਚ ਪੈ ਕੇ ।

ਭੁਲਾਇਦਾ—ਕੁਰਾਹੇ ਪਿਆ ਰਹਿੰਦਾ ਹੈ ।੪।

ਅਰਥ :—ਜਿਹੜਾ ਮਨੁੱਖ ਸਦਾ ਕਾਇਮ ਰਹਿਣ ਵਾਲੇ ਪਰਮਾਤਮਾ ਦਾ ਨਾਮ (ਗੁਰੂ ਪਾਸੋਂ) ਸੁਣ ਕੇ (ਆਪਣੇ) ਮਨ ਵਿਚ ਵਸਾਂਦਾ ਹੈ (ਉਸ ਨੂੰ ਇਹ ਨਿਸ਼ਚਾ ਹੋ ਜਾਂਦਾ ਹੈ ਕਿ) ਆਕਾਰ-ਰਹਿਤ ਪਰਮਾਤਮਾ ਨੇ (ਆਪਣੇ ਆਪ ਤੋਂ ਪਹਿਲਾਂ) ਇਹ ਦਿੱਸਦਾ ਜਗਤ ਪੈਦਾ ਕੀਤਾ, ਮਾਇਆ ਦਾ ਮੋਹ ਭੀ ਉਸ ਨੇ ਆਪਣੇ ਹੁਕਮ ਵਿਚ ਹੀ ਬਣਾ ਦਿੱਤਾ । ਕਰਤਾਰ ਆਪ ਹੀ ਇਹ ਸਾਰੇ ਖੇਲ ਕਰ ਰਿਹਾ ਹੈ ।੧।

(ਹੇ ਭਾਈ! ਹਰਿ-ਨਾਮ ਨੂੰ ਆਪਣੇ ਮਨ ਵਿਚ ਵਸਾਣ ਵਾਲਾ ਮਨੁੱਖ ਇਹ ਨਿਸ਼ਚਾ ਰੱਖਦਾ ਹੈ ਕਿ) (ਜਗਤ ਦੀ) ਮਾਂ ਮਾਇਆ ਤੋਂ (ਜਗਤ ਦੇ ਪਿਤਾ ਪਰਮਾਤਮਾ ਨੇ ਸਾਰੇ) ਤ੍ਰੈਗੁਣੀ ਜੀਵ ਪੈਦਾ ਕੀਤੇ (ਬ੍ਰਹਮਾ ਸ਼ਿਵ ਆਦਿਕ ਭੀ ਉਸੇ ਨੇ ਪੈਦਾ ਕੀਤੇ), ਬ੍ਰਹਮਾ ਨੂੰ ਉਸ ਨੇ ਚਾਰੇ ਵੇਦ (ਰਚਣ ਲਈ) ਹੁਕਮ ਕੀਤਾ । ਵਰ੍ਹੇ ਮਹੀਨੇ ਵਾਰ ਥਿੱਤਾਂ (ਆਦਿਕ) ਬਣਾ ਕੇ ਇਸ ਜਗਤ ਵਿਚ (ਸਮੇ ਆਦਿਕ ਦੀ) ਸੂਝ ਭੀ ਉਹ ਪਰਮਾਤਮਾ ਹੀ ਪੈਦਾ ਕਰਨ ਵਾਲਾ ਹੈ ।੨।

ਹੇ ਭਾਈ! (ਪਰਮਾਤਮਾ ਦੀ ਮਿਹਰ ਨਾਲ ਜਿਸ ਨੂੰ ਗੁਰੂ ਮਿਲ ਪਿਆ) ਗੁਰੂ ਦੀ ਸਰਨ ਪੈਣ ਤੋਂ ਉਸ ਨੂੰ ਇਹ ਸ੍ਰੇਸ਼ਟ ਕਰਨ-ਜੋਗ ਕੰਮ ਮਿਲ ਗਿਆ ਕਿ ਪਰਮਾਤਮਾ ਦਾ ਨਾਮ ਆਪਣੇ ਹਿਰਦੇ ਵਿਚ ਵਸਾਈ ਰੱਖੇ । ਸੋ, ਹੇ ਭਾਈ! ਇਸ ਜਗਤ ਵਿਚ (ਜਿਸ ਮਨੁੱਖ ਦੇ ਹਿਰਦੇ ਵਿਚ) ਗੁਰੂ ਦੀ ਬਾਣੀ ਆ ਵੱਸਦੀ ਹੈ, ਉਹ ਇਸ ਬਾਣੀ ਦੀ ਬਰਕਤ ਨਾਲ ਪਰਮਾਤਮਾ ਦਾ ਨਾਮ ਪ੍ਰਾਪਤ ਕਰ ਲੈਂਦਾ ਹੈ ।੩।

(ਪਰ, ਹੇ ਭਾਈ! ਜਿਹੜਾ ਮਨੁੱਖ ਗੁਰੂ ਦੀ ਸਰਨ ਤੋਂ ਵਾਂਜਿਆਂ ਰਹਿ ਕੇ ਵੇਦ (ਆਦਿਕ ਹੀ) ਪੜ੍ਹਦਾ ਹੈ, ਤੇ, ਹਰ ਵੇਲੇ ਚਰਚਾ ਆਦਿਕ ਹੀ ਕਰਦਾ ਹੈ, ਪਰਮਾਤਮਾ ਦਾ ਨਾਮ ਸਿਮਰਦਾ ਨਹੀਂ ਉਹ ਆਤਮਕ ਮੌਤ ਦੇ ਬੰਧਨਾਂ ਵਿਚ ਬੱਝਾ ਰਹਿੰਦਾ ਹੈ । ਹੋਰ ਹੋਰ ਪਿਆਰ ਵਿਚ ਫਸ ਕੇ ਉਹ ਸਦਾ ਦੁੱਖ ਪਾਂਦਾ ਹੈ । ਮਾਇਆ ਦੇ ਤਿੰਨ ਗੁਣਾਂ ਦੀ ਭਟਕਣਾ ਵਿਚ ਪੈ ਕੇ ਉਹ ਜੀਵਨ ਦੇ ਗ਼ਲਤ ਰਸਤੇ ਤੇ ਪਿਆ ਰਹਿੰਦਾ ਹੈ ।੪।

ਗੁਰਮੁਖਿ ਏਕਸੁ ਸਿਉ ਲਿਵ ਲਾਏ ॥ ਤ੍ਰਿਬਿਧਿ ਮਨਸਾ ਮਨਹਿ ਸਮਾਏ ॥ ਸਾਚੈ ਸਬਦਿ ਸਦਾ ਹੈ ਮੁਕਤਾ ਮਾਇਆ ਮੋਹੁ ਚੁਕਾਇਦਾ ॥੫॥ ਜੋ ਧੁਰਿ ਰਾਤੇ ਸੇ ਹੁਣਿ ਰਾਤੇ ॥ ਗੁਰ ਪਰਸਾਦੀ ਸਹਜੇ ਮਾਤੇ ॥ ਸਤਿਗੁਰੁ ਸੇਵਿ ਸਦਾ ਪ੍ਰਭੁ ਪਾਇਆ ਆਪੈ ਆਪੁ ਮਿਲਾਇਦਾ ॥੬॥ ਮਾਇਆ ਮੋਹਿ ਭਰਮਿ ਨ ਪਾਏ ॥ ਦੂਜੈ ਭਾਇ ਲਗਾ ਦੁਖੁ ਪਾਏ ॥ ਸੂਹਾ ਰੰਗੁ ਦਿਨ ਥੋੜੇ ਹੋਵੈ ਇਸੁ ਜਾਦੇ ਬਿਲਮ ਨ ਲਾਇਦਾ ॥੭॥ ਏਹੁ ਮਨੁ ਭੈ ਭਾਇ ਰੰਗਾਏ ॥ ਇਤੁ ਰੰਗਿ ਸਾਚੇ ਮਾਹਿ ਸਮਾਏ ॥ ਪੂਰੈ ਭਾਗਿ ਕੋ ਇਹੁ ਰੰਗੁ ਪਾਏ ਗੁਰਮਤੀ ਰੰਗੁ ਚੜਾਇਦਾ ॥੮॥ {ਪੰਨਾ ੧੦੬੬}

ਪਦ ਅਰਥ :—ਗੁਰਮੁਖਿ—ਗੁਰੂ ਦੇ ਸਨਮੁਖ ਰਹਿਣ ਵਾਲਾ ਮਨੁੱਖ । ਏਕਸੁ ਸਿਉ—ਸਿਰਫ਼ ਇਕ ਨਾਲ । ਲਿਵ—ਲਗਨ, ਪ੍ਰੀਤ । ਤ੍ਰਿਬਿਧਿ—ਤਿੰਨ ਕਿਸਮ ਦੀ, ਮਾਇਆ ਦੇ ਤਿੰਨ (ਰਜੋ ਤਮੋ ਸਤੋ) ਗੁਣਾਂ ਵਾਲੀ । ਮਨਸਾ—{ਮਨੀ—ਾ} ਮਨ ਦਾ ਫੁਰਨਾ । ਮਨਹਿ—ਮਨਿ ਹੀ {ਲਫ਼ਜ਼ 'ਮਨਿ' ਦੀ 'ਿ' ਕ੍ਰਿਆ ਵਿਸ਼ੇਸ਼ਣ 'ਹੀ' ਦੇ ਕਾਰਨ ਉੱਡ ਗਈ ਹੈ} ਮਨ ਵਿਚ ਹੀ । ਸਾਚੈ ਸਬਦਿ—ਸਦਾ-ਥਿਰ ਪ੍ਰਭੂ ਦੀ ਸਿਫ਼ਤਿ-ਸਾਲਾਹ ਦੇ ਸ਼ਬਦ ਦੀ ਰਾਹੀਂ । ਮੁਕਤਾ—(ਮਾਇਆ ਦੇ ਮੋਹ ਤੋਂ) ਸੁਤੰਤਰ ।੫।

ਧੁਰਿ—(ਪਹਿਲੀ ਕੀਤੀ ਕਮਾਈ ਅਨੁਸਾਰ) ਧੁਰ ਦਰਗਾਹ ਤੋਂ । ਰਾਤੇ—(ਨਾਮ-ਰੰਗ ਵਿਚ) ਰੰਗੇ ਹੋਏ । ਸੇ—ਉਹ {ਬਹੁ-ਵਚਨ} । ਹੁਣਿ—ਇਸ ਜਨਮ ਵਿਚ । ਪਰਸਾਦੀ—ਪਰਸਾਦਿ, ਕਿਰਪਾ ਨਾਲ । ਸਹਜੇ—ਆਤਮਕ ਅਡੋਲਤਾ ਵਿਚ । ਮਾਤੇ—ਮਸਤ । ਸੇਵਿ—ਸੇਵ ਕੇ, ਸਰਨ ਪੈ ਕੇ । ਆਪੈ—ਆਪੇ ਵਿਚ । ਆਪੁ—ਆਪਣੇ ਆਪ ਨੂੰ ।੬।

ਮੋਹਿ—ਮੋਹ ਵਿਚ । ਭਰਮਿ—ਭਟਕਣਾ ਵਿਚ । ਦੂਜੈ ਭਾਇ—ਹੋਰ ਹੋਰ ਪਿਆਰ ਵਿਚ । ਲਗਾ—ਲੱਗਾ ਹੋਇਆ । ਸੂਹਾ ਰੰਗੁ—(ਕਸੁੰਭੇ ਵਰਗਾ) ਸ਼ੋਖ਼ ਰੰਗ । ਜਾਦੇ—ਦੂਰ ਹੁੰਦਿਆਂ । ਬਿਲਮ—ਦੇਰ, ਚਿਰ ।੭।

ਭੈ—ਅਦਬ ਵਿਚ । ਭਾਇ—ਪਿਆਰ ਵਿਚ । ਇਤੁ—ਇਸ ਵਿਚ । ਇਤੁ ਰੰਗਿ—ਇਸ ਰੰਗ ਵਿਚ । ਕੋ—ਕੋਈ (ਵਿਰਲਾ) ।੮।

ਅਰਥ :—ਹੇ ਭਾਈ! ਗੁਰੂ ਦੇ ਸਨਮੁਖ ਰਹਿਣ ਵਾਲਾ ਮਨੁੱਖ ਸਿਰਫ਼ ਪਰਮਾਤਮਾ ਨਾਲ ਪਿਆਰ ਪਾਂਦਾ ਹੈ, (ਇਸ ਤਰ੍ਹਾਂ ਉਹ) ਮਾਇਆ ਦੇ ਤਿੰਨ ਗੁਣਾਂ ਦੇ ਕਾਰਨ ਪੈਦਾ ਹੋਣ ਵਾਲੇ ਫੁਰਨੇ ਨੂੰ ਆਪਣੇ ਮਨ ਦੇ ਵਿਚ ਹੀ ਮੁਕਾ ਦੇਂਦਾ ਹੈ । ਸਦਾ-ਥਿਰ ਪ੍ਰਭੂ ਦੀ ਸਿਫ਼ਤਿ-ਸਾਲਾਹ ਦੇ ਸ਼ਬਦ ਦੀ ਬਰਕਤ ਨਾਲ ਉਹ ਮਨੁੱਖ (ਵਿਕਾਰਾਂ ਤੋਂ) ਸਦਾ ਬਚਿਆ ਰਹਿੰਦਾ ਹੈ, (ਉਹ ਆਪਣੇ ਅੰਦਰੋਂ) ਮਾਇਆ ਦਾ ਮੋਹ ਦੂਰ ਕਰ ਲੈਂਦਾ ਹੈ ।੫।

ਪਰ, ਹੇ ਭਾਈ! ਇਸ ਮਨੁੱਖਾ ਜਨਮ ਵਿਚ ਉਹ ਮਨੁੱਖ ਹੀ ਨਾਮ-ਰੰਗ ਵਿਚ ਰੰਗੇ ਰਹਿੰਦੇ ਹਨ ਜਿਹੜੇ (ਪਹਿਲੀ ਕੀਤੀ ਕਮਾਈ ਅਨੁਸਾਰ) ਧੁਰ ਦਰਗਾਹ ਤੋਂ ਰੰਗੇ ਹੋਏ ਹੁੰਦੇ ਹਨ । ਉਹ ਗੁਰੂ ਦੀ ਕਿਰਪਾ ਨਾਲ ਆਤਮਕ ਅਡੋਲਤਾ ਵਿਚ ਮਸਤ ਰਹਿੰਦੇ ਹਨ । ਹੇ ਭਾਈ! ਗੁਰੂ ਦੀ ਸਰਨ ਪੈ ਕੇ ਮਨੁੱਖ ਸਦਾ ਪ੍ਰਭੂ ਦਾ ਮਿਲਾਪ ਪ੍ਰਾਪਤ ਕਰੀ ਰੱਖਦਾ ਹੈ, ਉਹ ਆਪਣੇ ਆਪ ਨੂੰ (ਪ੍ਰਭੂ ਦੇ) ਆਪੇ ਵਿਚ ਮਿਲਾ ਲੈਂਦਾ ਹੈ ।੬।

ਹੇ ਭਾਈ! ਮਾਇਆ ਦੇ ਮੋਹ ਵਿਚ, ਭਟਕਣਾ ਵਿਚ ਫਸਿਆ ਹੋਇਆ ਮਨੁੱਖ ਪਰਮਾਤਮਾ ਨੂੰ ਨਹੀਂ ਮਿਲ ਸਕਦਾ । ਹੋਰ ਹੋਰ ਪਿਆਰ ਵਿਚ ਲੱਗਾ ਹੋਇਆ ਮਨੁੱਖ ਦੁੱਖ (ਹੀ) ਸਹਾਰਦਾ ਹੈ । (ਕਸੁੰਭੇ ਦੇ ਰੰਗ ਵਾਂਗ ਮਾਇਆ ਦਾ) ਸ਼ੋਖ਼ ਰੰਗ ਥੋੜੇ ਦਿਨ ਹੀ ਰਹਿੰਦਾ ਹੈ, ਇਸ ਦੇ ਨਾਸ ਹੁੰਦਿਆਂ ਚਿਰ ਨਹੀਂ ਲੱਗਦਾ ।੭।

ਹੇ ਭਾਈ! ਜਿਹੜਾ ਮਨੁੱਖ (ਆਪਣੇ) ਇਸ ਮਨ ਨੂੰ ਪਰਮਾਤਮਾ ਦੇ ਡਰ-ਅਦਬ ਵਿਚ ਪਿਆਰ ਵਿਚ ਰੰਗਦਾ ਹੈ, ਉਹ ਇਸ ਰੰਗ ਵਿਚ (ਰੰਗੀਜ ਕੇ) ਸਦਾ-ਥਿਰ ਪਰਮਾਤਮਾ ਵਿਚ ਲੀਨ ਰਹਿੰਦਾ ਹੈ । ਪਰ ਕੋਈ ਵਿਰਲਾ ਮਨੁੱਖ ਵੱਡੀ ਕਿਸਮਤ ਨਾਲ ਇਹ ਪ੍ਰੇਮ-ਰੰਗ ਹਾਸਲ ਕਰਦਾ ਹੈ । ਉਹ ਗੁਰੂ ਦੀ ਮਤਿ ਉੱਤੇ ਤੁਰ ਕੇ ਇਹ ਰੰਗ (ਆਪਣੇ ਮਨ ਨੂੰ) ਚਾੜ੍ਹਦਾ ਹੈ ।੮।

ਮਨਮੁਖੁ ਬਹੁਤੁ ਕਰੇ ਅਭਿਮਾਨੁ ॥ ਦਰਗਹ ਕਬ ਹੀ ਨ ਪਾਵੈ ਮਾਨੁ ॥ ਦੂਜੈ ਲਾਗੇ ਜਨਮੁ ਗਵਾਇਆ ਬਿਨੁ ਬੂਝੇ ਦੁਖੁ ਪਾਇਦਾ ॥੯॥ ਮੇਰੈ ਪ੍ਰਭਿ ਅੰਦਰਿ ਆਪੁ ਲੁਕਾਇਆ ॥ ਗੁਰ ਪਰਸਾਦੀ ਹਰਿ ਮਿਲੈ ਮਿਲਾਇਆ ॥ ਸਚਾ ਪ੍ਰਭੁ ਸਚਾ ਵਾਪਾਰਾ ਨਾਮੁ ਅਮੋਲਕੁ ਪਾਇਦਾ ॥੧੦॥ ਇਸੁ ਕਾਇਆ ਕੀ ਕੀਮਤਿ ਕਿਨੈ ਨ

ਪਾਈ ॥ ਮੇਰੈ ਠਾਕੁਰਿ ਇਹ ਬਣਤ ਬਣਾਈ ॥ ਗੁਰਮੁਖਿ ਹੋਵੈ ਸੁ ਕਾਇਆ ਸੋਧੈ ਆਪਹਿ ਆਪੁ ਮਿਲਾਇਦਾ ॥੧੧॥ ਕਾਇਆ ਵਿਚਿ ਤੋਟਾ ਕਾਇਆ ਵਿਚਿ ਲਾਹਾ ॥ ਗੁਰਮੁਖਿ ਖੋਜੇ ਵੇਪਰਵਾਹਾ ॥ ਗੁਰਮੁਖਿ ਵਣਜਿ ਸਦਾ ਸੁਖੁ ਪਾਏ ਸਹਜੇ ਸਹਜਿ ਮਿਲਾਇਦਾ ॥੧੨॥ {ਪੰਨਾ ੧੦੬੬}

ਪਦ ਅਰਥ :—ਮਨਮੁਖੁ—ਆਪਣੇ ਮਨ ਦੇ ਪਿੱਛੇ ਤੁਰਨ ਵਾਲਾ ਮਨੁੱਖ । ਮਾਨੁ—ਆਦਰ । ਲਾਗੇ—ਲਾਗਿ, ਲੱਗ ਕੇ ।੯।

ਪ੍ਰਭਿ—ਪ੍ਰਭੂ ਨੇ । ਅੰਦਰਿ—(ਹਰੇਕ ਜੀਵ ਦੇ) ਅੰਦਰ । ਆਪੁ—ਆਪਣਾ ਆਪ । ਸਚਾ—ਸੱਚਾ, ਸਦਾ ਕਾਇਮ ਰਹਿਣ ਵਾਲਾ ।੧੦।

ਕੀਮਤਿ—ਕਦਰ । ਕਿਨੈ ਨ—ਕਿਸੇ ਨੇ ਨਹੀਂ । ਠਾਕੁਰਿ—ਠਾਕੁਰ ਨੇ । ਬਣਤ—ਮਰਯਾਦਾ, ਵਿਓਂਤ । ਗੁਰਮੁਖਿ—ਗੁਰੂ ਦੇ ਸਨਮੁਖ । ਸੋਧੈ—ਸੋਧਦਾ ਹੈ, ਵਿਕਾਰਾਂ ਤੋਂ ਬਚਾਈ ਰੱਖਦਾ ਹੈ । ਆਪਹਿ—ਆਪਣੇ ਵਿਚ ਹੀ । ਆਪੁ—ਆਪਣੇ ਆਪ ਨੂੰ ।੧੧।

ਤੋਟਾ—ਘਾਟਾ । ਲਾਹਾ—ਲਾਭ । ਖੋਜੇ—(ਸਰੀਰ ਵਿਚ) ਭਾਲ ਕਰਦਾ ਹੈ । ਵਣਜਿ—(ਨਾਮ ਦਾ) ਵਣਜ ਕਰ ਕੇ । ਸਹਜਿ—ਆਤਮਕ ਅਡੋਲਤਾ ਵਿਚ ।੧੨।

ਅਰਥ :—ਆਪਣੇ ਮਨ ਦੇ ਪਿੱਛੇ ਤੁਰਨ ਵਾਲਾ ਮਨੁੱਖ ਬੜਾ ਅਹੰਕਾਰ ਕਰਦਾ ਹੈ, ਪਰ ਉਹ ਪਰਮਾਤਮਾ ਦੀ ਹਜ਼ੂਰੀ ਵਿਚ ਕਦੇ ਭੀ ਆਦਰ ਨਹੀਂ ਪਾਂਦਾ । ਹੋਰ ਹੋਰ (ਮੋਹ) ਵਿਚ ਲੱਗ ਕੇ ਉਹ ਆਪਣਾ ਮਨੁੱਖਾ ਜਨਮ ਗੰਵਾ ਲੈਂਦਾ ਹੈ, ਸਹੀ ਜੀਵਨ ਦੀ ਸੂਝ ਤੋਂ ਬਿਨਾ ਉਹ ਸਦਾ ਦੁੱਖ ਪਾਂਦਾ ਹੈ ।੯।

ਹੇ ਭਾਈ! ਮੇਰੇ ਪ੍ਰਭੂ ਨੇ ਆਪਣੇ ਆਪ ਨੂੰ (ਹਰੇਕ ਜੀਵ ਦੇ) ਅੰਦਰ ਗੁਪਤ ਰੱਖਿਆ ਹੋਇਆ ਹੈ, (ਫਿਰ ਭੀ) ਗੁਰੂ ਦੀ ਕਿਰਪਾ ਨਾਲ ਹੀ ਮਿਲਾਇਆ ਮਿਲਦਾ ਹੈ । (ਜਿਹੜਾ ਮਨੁੱਖ ਗੁਰੂ ਦੀ ਸਰਨ ਪੈਂਦਾ ਹੈ ਉਹ ਇਹ ਸਮਝ ਲੈਂਦਾ ਹੈ ਕਿ) ਪਰਮਾਤਮਾ ਸਦਾ ਕਾਇਮ ਰਹਿਣ ਵਾਲਾ ਹੈ, ਉਸ ਦਾ ਨਾਮ ਜਪਣਾ ਹੀ ਸਹੀ ਵਣਜ-ਵਪਾਰ ਹੈ । (ਗੁਰੂ ਦੀ ਕਿਰਪਾ ਨਾਲ ਉਹ) ਕੀਮਤੀ ਹਰਿ-ਨਾਮ ਪ੍ਰਾਪਤ ਕਰ ਲੈਂਦਾ ਹੈ ।੧੦।

ਹੇ ਭਾਈ! (ਆਪਣੀ ਅਕਲ ਦੇ ਆਸਰੇ) ਕਿਸੇ ਮਨੁੱਖ ਨੇ ਇਸ (ਮਨੁੱਖਾ) ਸਰੀਰ ਦੀ ਕਦਰ ਨਹੀਂ ਸਮਝੀ । ਮੇਰੇ ਮਾਲਕ-ਪ੍ਰਭੂ ਨੇ ਇਹੀ ਮਰਯਾਦਾ ਬਣਾ ਰੱਖੀ ਹੈ ਕਿ ਜਿਹੜਾ ਮਨੁੱਖ ਗੁਰੂ ਦੇ ਸਨਮੁਖ ਹੁੰਦਾ ਹੈ ਉਹ (ਆਪਣੇ) ਸਰੀਰ ਨੂੰ ਵਿਕਾਰਾਂ ਤੋਂ ਬਚਾਈ ਰੱਖਦਾ ਹੈ, ਅਤੇ ਆਪਾ-ਭਾਵ ਨੂੰ ਆਪਣੇ ਵਿਚ ਹੀ ਲੀਨ ਕਰ ਦੇਂਦਾ ਹੈ ।੧੧।

ਹੇ ਭਾਈ! (ਹਰਿ-ਨਾਮ ਤੋਂ ਖੁੰਝਿਆਂ) ਸਰੀਰ ਦੇ ਅੰਦਰ (ਆਤਮਕ ਜੀਵਨ ਦਾ) ਘਾਟਾ ਪੈਂਦਾ ਜਾਂਦਾ ਹੈ (ਨਾਮ ਵਿਚ ਜੁੜਿਆਂ) ਸਰੀਰ ਅੰਦਰ (ਆਤਮਕ ਜੀਵਨ ਦਾ) ਲਾਭ ਪ੍ਰਾਪਤ ਹੁੰਦਾ ਹੈ । ਗੁਰੂ ਦੇ ਸਨਮੁਖ ਰਹਿਣ ਵਾਲਾ ਮਨੁੱਖ ਵੇਪਰਵਾਹ ਪ੍ਰਭੂ ਨੂੰ (ਆਪਣੇ ਸਰੀਰ ਵਿਚ) ਭਾਲਦਾ ਹੈ । ਨਾਮ-ਵਣਜ ਕਰ ਕੇ ਉਹ ਸਦਾ ਸੁਖ ਮਾਣਦਾ ਹੈ, ਅਤੇ ਹਰ ਵੇਲੇ ਆਪਣੇ ਆਪ ਨੂੰ ਆਤਮਕ ਅਡੋਲਤਾ ਵਿਚ ਟਿਕਾਈ ਰੱਖਦਾ ਹੈ ।੧੨।

ਸਚਾ ਮਹਲੁ ਸਚੇ ਭੰਡਾਰਾ ॥ ਆਪੇ ਦੇਵੈ ਦੇਵਣਹਾਰਾ ॥ ਗੁਰਮੁਖਿ ਸਾਲਾਹੇ ਸੁਖਦਾਤੇ ਮਨਿ ਮੇਲੇ ਕੀਮਤਿ ਪਾਇਦਾ ॥੧੩॥ ਕਾਇਆ ਵਿਚਿ ਵਸਤੁ ਕੀਮਤਿ ਨਹੀ ਪਾਈ ॥ ਗੁਰਮੁਖਿ ਆਪੇ ਦੇ ਵਡਿਆਈ ॥ ਜਿਸ ਦਾ ਹਟੁ ਸੋਈ ਵਥੁ ਜਾਣੈ ਗੁਰਮੁਖਿ ਦੇਇ ਨ ਪਛੋਤਾਇਦਾ ॥੧੪॥ ਹਰਿ ਜੀਉ ਸਭ ਮਹਿ ਰਹਿਆ ਸਮਾਈ ॥ ਗੁਰ ਪਰਸਾਦੀ ਪਾਇਆ ਜਾਈ ॥ ਆਪੇ ਮੇਲਿ ਮਿਲਾਏ ਆਪੇ ਸਬਦੇ ਸਹਜਿ ਸਮਾਇਦਾ ॥੧੫॥ ਆਪੇ ਸਚਾ ਸਬਦਿ ਮਿਲਾਏ ॥ ਸਬਦੇ ਵਿਚਹੁ ਭਰਮੁ ਚੁਕਾਏ ॥ ਨਾਨਕ ਨਾਮਿ ਮਿਲੈ ਵਡਿਆਈ ਨਾਮੇ ਹੀ ਸੁਖੁ ਪਾਇਦਾ ॥੧੬॥੮॥੨੨॥ {ਪੰਨਾ ੧੦੬੬}

ਪਦ ਅਰਥ :—ਮਹਲੁ—ਪਰਮਾਤਮਾ ਦਾ ਟਿਕਾਣਾ । ਸਚੇ—ਸਦਾ ਕਾਇਮ ਰਹਿਣ ਵਾਲੇ । ਭੰਡਾਰਾ—ਖ਼ਜ਼ਾਨੇ । ਦੇਵਣਹਾਰਾ—ਦੇਣ ਦੀ ਸਮਰਥਾ ਵਾਲਾ । ਗੁਰਮੁਖਿ—ਗੁਰੂ ਦੇ ਸਨਮੁਖ ਰਹਿਣ ਵਾਲਾ ਮਨੁੱਖ । ਮਨਿ—ਮਨ ਵਿਚ । ਮੇਲੇ—ਮੇਲਿ, ਮੇਲ ਕੇ, ਟਿਕਾ ਕੇ । ਕੀਮਤਿ—ਕਦਰ ।੧੩।

ਕਾਇਆ—ਸਰੀਰ । ਵਸਤੁ—ਨਾਮ-ਪਦਾਰਥ । ਗੁਰਮੁਖਿ—ਗੁਰੂ ਦੀ ਰਾਹੀਂ । ਆਪੇ—(ਪ੍ਰਭੂ) ਆਪ ਹੀ । ਦੇ—ਦੇਂਦਾ ਹੈ । ਜਿਸ ਦਾ—{ਸੰਬੰਧਕ 'ਦਾ' ਦੇ ਕਾਰਨ ਲਫ਼ਜ਼ 'ਜਿਸੁ' ਦਾ ੁ ਉੱਡ ਗਿਆ ਹੈ} । ਵਥੁ—ਵਸਤੁ, ਨਾਮ-ਪਦਾਰਥ । ਦੇਇ—ਦੇਂਦਾ ਹੈ ।੧੪।

ਰਹਿਆ ਸਮਾਈ—ਸਮਾਇ ਰਹਿਆ, ਵਿਆਪਕ ਹੈ । ਪਰਸਾਦੀ—ਪਰਸਾਦਿ, ਕਿਰਪਾ ਨਾਲ । ਮੇਲਿ—ਮੇਲ ਕੇ (ਗੁਰੂ ਨਾਲ) । ਸਬਦੇ—ਗੁਰੂ ਦੇ ਸ਼ਬਦ ਦੀ ਰਾਹੀਂ । ਸਹਜਿ—ਆਤਮਕ ਅਡੋਲਤਾ ਵਿਚ । ਸਮਾਇਦਾ—ਲੀਨ ਰੱਖਦਾ ਹੈ ।੧੫।

ਸਬਦਿ—ਸ਼ਬਦ ਵਿਚ । ਸਬਦੇ—ਸ਼ਬਦ ਦੀ ਰਾਹੀਂ । ਵਿਚਹੁ—ਮਨੁੱਖ ਦੇ ਹਿਰਦੇ ਵਿਚੋਂ । ਭਰਮੁ—ਭਟਕਣਾ । ਚੁਕਾਏ—ਦੂਰ ਕਰਦਾ ਹੈ । ਨਾਮਿ—ਨਾਮ ਵਿਚ (ਜੁੜਿਆਂ) । ਨਾਮੇ ਹੀ—ਨਾਮ ਦੀ ਰਾਹੀਂ ਹੀ ।੧੬।

ਅਰਥ :—ਹੇ ਭਾਈ! ਪਰਮਾਤਮਾ ਦਾ ਟਿਕਾਣਾ ਸਦਾ ਕਾਇਮ ਰਹਿਣ ਵਾਲਾ ਹੈ, ਉਸ ਦੇ ਖ਼ਜ਼ਾਨੇ (ਭੀ) ਸਦਾ ਕਾਇਮ ਰਹਿਣ ਵਾਲੇ ਹਨ । ਸਭ ਕੁਝ ਦੇਣ ਦੀ ਸਮਰਥਾ ਵਾਲਾ ਪਰਮਾਤਮਾ ਆਪ ਹੀ (ਜੀਵਾਂ ਨੂੰ ਇਹ ਖ਼ਜ਼ਾਨੇ) ਦੇਂਦਾ ਹੈ । ਗੁਰੂ ਦੇ ਸਨਮੁਖ ਰਹਿਣ ਵਾਲਾ ਮਨੁੱਖ ਸਾਰੇ ਸੁਖ ਦੇਣ ਵਾਲੇ ਪਰਮਾਤਮਾ ਦੀ ਸਿਫ਼ਤਿ-ਸਾਲਾਹ ਕਰਦਾ ਹੈ, ਉਸ ਨੂੰ ਆਪਣੇ ਮਨ ਵਿਚ ਸਾਂਭ ਰੱਖਦਾ ਹੈ, ਉਸ (ਦੇ ਨਾਮ) ਦੀ ਕਦਰ ਸਮਝਦਾ ਹੈ ।੧੩।

ਹੇ ਭਾਈ! ਮਨੁੱਖ ਦੇ ਸਰੀਰ ਦੇ ਵਿਚ ਹੀ ਨਾਮ-ਪਦਾਰਥ ਹੈ, ਪਰ ਮਨੁੱਖ ਇਸ ਦੀ ਕਦਰ ਨਹੀਂ ਸਮਝਦਾ । ਗੁਰੂ ਦੇ ਸਨਮੁਖ ਕਰ ਕੇ (ਪਰਮਾਤਮਾ) ਆਪ ਹੀ (ਆਪਣੇ ਨਾਮ ਦੀ ਕਦਰ ਕਰਨ ਦੀ) ਵਡਿਆਈ ਬਖ਼ਸ਼ਦਾ ਹੈ । ਹੇ ਭਾਈ! ਇਸ ਪਰਮਾਤਮਾ ਦਾ (ਬਣਾਇਆ ਹੋਇਆ ਇਹ ਮਨੁੱਖਾ ਸਰੀਰ-) ਹੱਟ ਹੈ, ਉਹ (ਇਸ ਵਿਚ ਰਖੇ ਹੋਏ ਨਾਮ-) ਪਦਾਰਥ (ਦੀ ਕਦਰ) ਨੂੰ ਜਾਣਦਾ ਹੈ । (ਉਹ ਪ੍ਰਭੂ ਇਹ ਦਾਤਿ) ਗੁਰੂ ਦੀ ਰਾਹੀਂ ਦੇਂਦਾ ਹੈ, (ਦੇ ਕੇ) ਪਛੁਤਾਂਦਾ ਨਹੀਂ ।੧੪।

ਹੇ ਭਾਈ! ਪਰਮਾਤਮਾ ਸਭ ਜੀਵਾਂ ਵਿਚ ਵਿਆਪਕ ਹੈ, (ਪਰ ਉਹ) ਗੁਰੂ ਦੀ ਕਿਰਪਾ ਨਾਲ ਮਿਲਦਾ ਹੈ । ਉਹ ਆਪ ਹੀ (ਗੁਰੂ ਨਾਲ) ਮਿਲਾ ਕੇ (ਆਪਣੇ ਨਾਲ) ਮਿਲਾਂਦਾ ਹੈ । ਗੁਰੂ ਦੇ ਸ਼ਬਦ ਦੀ ਰਾਹੀਂ (ਪ੍ਰਭੂ ਜੀਵ ਨੂੰ) ਆਤਮਕ ਅਡੋਲਤਾ ਵਿਚ ਟਿਕਾਈ ਰੱਖਦਾ ਹੈ ।੧੫।

ਹੇ ਭਾਈ! ਸਦਾ-ਥਿਰ ਪ੍ਰਭੂ ਆਪ ਹੀ (ਮਨੁੱਖ ਨੂੰ ਗੁਰੂ ਦੇ) ਸ਼ਬਦ ਵਿਚ ਜੋੜਦਾ ਹੈ, ਸ਼ਬਦ ਦੀ ਰਾਹੀਂ ਹੀ (ਉਸ ਦੇ) ਅੰਦਰੋਂ ਭਟਕਣਾ ਦੂਰ ਕਰਦਾ ਹੈ । ਹੇ ਨਾਨਕ! ਹਰਿ-ਨਾਮ ਵਿਚ ਜੁੜਿਆਂ ਨੂੰ (ਲੋਕ ਪਰਲੋਕ ਦੀ) ਇੱਜ਼ਤ ਮਿਲਦੀ ਹੈ, ਨਾਮ ਦੀ ਰਾਹੀਂ ਹੀ (ਮਨੁੱਖ) ਆਤਮਕ ਆਨੰਦ ਮਾਣਦਾ ਹੈ ।੧੬।੮।੨੨।

ਮਾਰੂ ਮਹਲਾ ੩ ॥ ਅਗਮ ਅਗੋਚਰ ਵੇਪਰਵਾਹੇ ॥ ਆਪੇ ਮਿਹਰਵਾਨ ਅਗਮ ਅਥਾਹੇ ॥ ਅਪੜਿ ਕੋਇ ਨ ਸਕੈ ਤਿਸ ਨੋ ਗੁਰ ਸਬਦੀ ਮੇਲਾਇਆ ॥੧॥ ਤੁਧੁ ਨੋ ਸੇਵਹਿ ਜੋ ਤੁਧੁ ਭਾਵਹਿ ॥ ਗੁਰ ਕੈ ਸਬਦੇ ਸਚਿ ਸਮਾਵਹਿ ॥ ਅਨਦਿਨੁ ਗੁਣ ਰਵਹਿ ਦਿਨੁ ਰਾਤੀ ਰਸਨਾ ਹਰਿ ਰਸੁ ਭਾਇਆ ॥੨॥ ਸਬਦਿ ਮਰਹਿ ਸੇ ਮਰਣੁ ਸਵਾਰਹਿ ॥ ਹਰਿ ਕੇ ਗੁਣ ਹਿਰਦੈ ਉਰਧਾਰਹਿ ॥ ਜਨਮੁ ਸਫਲੁ ਹਰਿ ਚਰਣੀ ਲਾਗੇ ਦੂਜਾ ਭਾਉ ਚੁਕਾਇਆ ॥੩॥ ਹਰਿ ਜੀਉ ਮੇਲੇ ਆਪਿ ਮਿਲਾਏ ॥ ਗੁਰ ਕੈ ਸਬਦੇ ਆਪੁ ਗਵਾਏ ॥ ਅਨਦਿਨੁ ਸਦਾ ਹਰਿ ਭਗਤੀ ਰਾਤੇ ਇਸੁ ਜਗ ਮਹਿ ਲਾਹਾ ਪਾਇਆ ॥੪॥ {ਪੰਨਾ ੧੦੬੭}

ਪਦ ਅਰਥ :—ਅਗਮ—ਹੇ ਅਪਹੁੰਚ! ਅਗੋਚਰ—ਹੇ ਅਗੋਚਰ! ਹੇ ਇੰਦ੍ਰਿਆਂ ਦੀ ਪਹੁੰਚ ਤੋਂ ਪਰੇ ਰਹਿਣ ਵਾਲੇ ਪ੍ਰਭੂ! {ਅ-ਗੋ-ਚਰ । ਗੋ—ਗਿਆਨ-ਇੰਦ੍ਰੇ} । ਆਪੇ—ਆਪ ਹੀ । ਅਥਾਹੇ—ਹੇ ਅਥਾਹ! ਹੇ ਡੂੰਘੇ ਜਿਗਰੇ ਵਾਲੇ! ਤਿਸ ਨੋ—{ਸੰਬੰਧਕ 'ਨੋ' ਦੇ ਕਾਰਨ ਲਫ਼ਜ਼ 'ਤਿਸੁ' ਦਾ ੁ ਉੱਡ ਗਿਆ ਹੈ} ਉਸ (ਮਨੁੱਖ) ਨੂੰ । ਗੁਰ ਸਬਦੀ—ਗੁਰੂ ਦੇ ਸ਼ਬਦ ਦੀ ਰਾਹੀਂ ।੧।

ਸੇਵਹਿ—ਸਿਮਰਦੇ ਹਨ {ਬਹੁ-ਵਚਨ} । ਤੁਧੁ ਭਾਵਹਿ—ਤੈਨੂੰ ਚੰਗੇ ਲੱਗਦੇ ਹਨ । ਸਚਿ—ਸਦਾ-ਥਿਰ ਹਰਿ-ਨਾਮ ਵਿਚ । ਅਨਦਿਨੁ—ਹਰ ਰੋਜ਼, ਹਰ ਵੇਲੇ {ਅਨੁਦਿਨਾਜ਼} । ਰਵਹਿ—ਸਿਮਰਦੇ ਹਨ, ਚੇਤੇ ਕਰਦੇ ਹਨ । ਰਸਨਾ—ਜੀਭ । ਰਸੁ—ਸੁਆਦ । ਭਾਇਆ—ਚੰਗਾ ਲੱਗਾ ।੨।

ਸਬਦਿ—ਸ਼ਬਦ ਦੀ ਰਾਹੀਂ । ਮਰਹਿ—(ਆਪਾ-ਭਾਵ ਵਲੋਂ, ਵਿਕਾਰਾਂ ਵਲੋਂ) ਮਰਦੇ ਹਨ । ਸੇ—ਉਹ {ਬਹੁ-ਵਚਨ} । ਮਰਣੁ—(ਵਿਕਾਰਾਂ ਵਲੋਂ ਇਹ) ਮੌਤ । ਸਵਾਰਹਿ—ਸੋਹਣੀ ਬਣਾ ਲੈਂਦੇ ਹਨ, ਹੋਰਨਾਂ ਵਾਸਤੇ ਦਿਲ-ਖਿਚਵੀਂ ਬਣਾ ਲੈਂਦੇ ਹਨ । ਹਿਰਦੈ—ਹਿਰਦੇ ਵਿਚ । ਉਰ—ਹਿਰਦਾ । ਧਾਰਹਿ—ਵਸਾ ਲੈਂਦੇ ਹਨ । ਦੂਜਾ ਭਾਉ—(ਪ੍ਰਭੂ ਤੋਂ ਬਿਨਾ) ਹੋਰ ਦਾ ਪਿਆਰ । ਚੁਕਾਇਆ—ਮੁਕਾ ਲਿਆ ।੩।

ਕੈ ਸਬਦੇ—ਦੇ ਸ਼ਬਦ ਦੀ ਰਾਹੀਂ । ਆਪੁ—ਆਪਾ-ਭਾਵ, ਹਉਮੈ । ਰਾਤੇ—ਰੰਗੇ ਹੋਏ । ਲਾਹਾ—ਲਾਭ ।੪।

ਅਰਥ :—ਹੇ ਅਪਹੁੰਚ ਪ੍ਰਭੂ! ਹੇ ਗਿਆਨ-ਇੰਦ੍ਰਿਆਂ ਦੀ ਪਹੁੰਚ ਤੋਂ ਪਰੇ ਰਹਿਣ ਵਾਲੇ ਪ੍ਰਭੂ! ਹੇ ਬੇ-ਮੁਥਾਜ ਪ੍ਰਭੂ! ਹੇ (ਆਪਣੇ ਵਰਗੇ) ਆਪ ਹੀ ਆਪ! ਹੇ ਮਿਹਰਵਾਨ! ਹੇ ਅਪਹੁੰਚ! ਹੇ ਡੂੰਘੇ ਜਿਗਰੇ ਵਾਲੇ! ਜਿਸ ਮਨੁੱਖ ਨੂੰ ਤੂੰ ਗੁਰੂ ਦੇ ਸ਼ਬਦ ਦੀ ਰਾਹੀਂ ਆਪਣੇ ਨਾਲ ਮਿਲਾ ਲੈਂਦਾ ਹੈਂ, ਉਸ ਦੀ ਕੋਈ ਬਰਾਬਰੀ ਨਹੀਂ ਕਰ ਸਕਦਾ ।੧।

ਹੇ ਪ੍ਰਭੂ! ਤੇਰੀ ਸੇਵਾ-ਭਗਤੀ ਉਹ ਮਨੁੱਖ ਕਰਦੇ ਹਨ ਜਿਹੜੇ ਤੈਨੂੰ ਪਿਆਰੇ ਲੱਗਦੇ ਹਨ । ਉਹ ਮਨੁੱਖ ਗੁਰੂ ਦੇ ਸ਼ਬਦ ਦੀ ਰਾਹੀਂ (ਤੇਰੇ) ਸਦਾ-ਥਿਰ ਨਾਮ ਵਿਚ ਲੀਨ ਰਹਿੰਦੇ ਹਨ, ਹਰ ਵੇਲੇ ਦਿਨ ਰਾਤ ਉਹ ਤੇਰੇ ਗੁਣ ਗਾਂਦੇ ਹਨ । ਹੇ ਹਰੀ! ਉਹਨਾਂ ਦੀ ਜੀਭ ਨੂੰ ਤੇਰੇ ਨਾਮ-ਅੰਮ੍ਰਿਤ ਦਾ ਸੁਆਦ ਚੰਗਾ ਲੱਗਦਾ ਹੈ ।੨।

ਹੇ ਭਾਈ! ਜਿਹੜੇ ਮਨੁੱਖ ਗੁਰੂ ਦੇ ਸ਼ਬਦ ਦੀ ਰਾਹੀਂ (ਵਿਕਾਰਾਂ ਵਲੋਂ, ਆਪਾ-ਭਾਵ ਵਲੋਂ) ਮਰਦੇ ਹਨ, ਉਹ ਆਪਣੀ ਇਹ ਮੌਤ ਹੋਰਨਾਂ ਵਾਸਤੇ ਸੋਹਣੀ ਬਣਾ ਲੈਂਦੇ ਹਨ (ਭਾਵ, ਲੋਕਾਂ ਨੂੰ ਉਹਨਾਂ ਦਾ ਇਹ ਆਤਮਕ ਜੀਵਨ ਚੰਗਾ ਲੱਗਦਾ ਹੈ) । ਉਹ ਮਨੁੱਖ ਆਪਣੇ ਹਿਰਦੇ ਵਿਚ ਪਰਮਾਤਮਾ ਦੇ ਗੁਣ ਟਿਕਾਈ ਰੱਖਦੇ ਹਨ । ਪਰਮਾਤਮਾ ਦੇ ਚਰਨਾਂ ਵਿਚ ਲੱਗ ਕੇ ਉਹ ਆਪਣਾ ਮਨੁੱਖਾ ਜਨਮ ਕਾਮਯਾਬ ਬਣਾ ਲੈਂਦੇ ਹਨ, ਉਹ (ਆਪਣੇ ਅੰਦਰੋਂ) ਮਾਇਆ ਦਾ ਪਿਆਰ ਮੁਕਾ ਲੈਂਦੇ ਹਨ ।੩।

ਹੇ ਭਾਈ! ਜਿਹੜੇ ਮਨੁੱਖ ਗੁਰੂ ਦੇ ਸ਼ਬਦ ਦੀ ਰਾਹੀਂ (ਆਪਣੇ ਅੰਦਰੋਂ) ਆਪਾ-ਭਾਵ ਦੂਰ ਕਰਦੇ ਹਨ, ਪਰਮਾਤਮਾ ਉਹਨਾਂ ਨੂੰ ਆਪ ਆਪਣੇ ਚਰਨਾਂ ਵਿਚ ਮਿਲਾ ਲੈਂਦਾ ਹੈ । ਉਹ ਹਰ ਵੇਲੇ ਸਦਾ ਪਰਮਾਤਮਾ ਦੀ ਭਗਤੀ ਵਿਚ ਮਸਤ ਰਹਿੰਦੇ ਹਨ, ਇਸ ਜਗਤ ਵਿਚ ਉਹ (ਭਗਤੀ ਦਾ) ਲਾਭ ਖੱਟਦੇ ਹਨ ।੪।

ਤੇਰੇ ਗੁਣ ਕਹਾ ਮੈ ਕਹਣੁ ਨ ਜਾਈ ॥ ਅੰਤੁ ਨ ਪਾਰਾ ਕੀਮਤਿ ਨਹੀ ਪਾਈ ॥ ਆਪੇ ਦਇਆ ਕਰੇ ਸੁਖਦਾਤਾ ਗੁਣ ਮਹਿ ਗੁਣੀ ਸਮਾਇਆ ॥੫॥ ਇਸੁ ਜਗ ਮਹਿ ਮੋਹੁ ਹੈ ਪਾਸਾਰਾ ॥ ਮਨਮੁਖੁ ਅਗਿਆਨੀ ਅੰਧੁ ਅੰਧਾਰਾ ॥ ਧੰਧੈ ਧਾਵਤੁ ਜਨਮੁ ਗਵਾਇਆ ਬਿਨੁ ਨਾਵੈ ਦੁਖੁ ਪਾਇਆ ॥੬॥ ਕਰਮੁ ਹੋਵੈ ਤਾ ਸਤਿਗੁਰੁ ਪਾਏ ॥ ਹਉਮੈ ਮੈਲੁ ਸਬਦਿ ਜਲਾਏ ॥ ਮਨੁ ਨਿਰਮਲੁ ਗਿਆਨੁ ਰਤਨੁ ਚਾਨਣੁ ਅਗਿਆਨੁ ਅੰਧੇਰੁ ਗਵਾਇਆ ॥੭॥ ਤੇਰੇ ਨਾਮ ਅਨੇਕ ਕੀਮਤਿ ਨਹੀ ਪਾਈ ॥ ਸਚੁ ਨਾਮੁ ਹਰਿ ਹਿਰਦੈ ਵਸਾਈ ॥ ਕੀਮਤਿ ਕਉਣੁ ਕਰੇ ਪ੍ਰਭ ਤੇਰੀ ਤੂ ਆਪੇ ਸਹਜਿ ਸਮਾਇਆ ॥੮॥ {ਪੰਨਾ ੧੦੬੭}

ਪਦ ਅਰਥ :—ਕਹਾ—ਕਹਾਂ, ਮੈਂ ਆਖਦਾ ਹਾਂ । ਪਾਰਾ—ਪਾਰਲਾ ਬੰਨਾ, ਅੰਤ । ਆਪੇ—ਆਪ ਹੀ । ਗੁਣੀ—ਗੁਣ ਗਾਣ ਵਾਲਾ । ਸਮਾਇਆ—ਲੀਨ ਕਰ ਲੈਂਦਾ ਹੈ ।੫।

ਪਾਸਾਰਾ—ਪਸਰਿਆ ਹੋਇਆ, ਖਿਲਰਿਆ ਹੋਇਆ । ਮਨਮੁਖ—ਆਪਣੇ ਮਨ ਦੇ ਪਿੱਛੇ ਤੁਰਨ ਵਾਲਾ ਮਨੁੱਖ । ਅਗਿਆਨੀ—ਆਤਮਕ ਜੀਵਨ ਤੋਂ ਬੇ-ਸਮਝ । ਅੰਧੁ—ਅੰਨ੍ਹਾ । ਅੰਧੁ ਅੰਧਾਰਾ—ਬਿਲਕੁਲ ਅੰਨ੍ਹਾ । ਧੰਧੈ—ਧੰਧੇ ਵਿਚ । ਧਾਵਤੁ—ਦੌੜ-ਭੱਜ ਕਰਦਾ ਹੈ ।੬।

ਕਰਮ—ਬਖ਼ਸ਼ਸ਼ । ਸਬਦਿ—ਸ਼ਬਦ ਦੀ ਰਾਹੀਂ । ਜਲਾਏ—ਸਾੜ ਲੈਂਦਾ ਹੈ । ਨਿਰਮਲੁ—ਪਵਿੱਤਰ । ਗਿਆਨੁ—ਪਰਮਾਤਮਾ ਨਾਲ ਡੂੰਘੀ ਸਾਂਝ । ਅਗਿਆਨੁ—ਆਤਮਕ ਜੀਵਨ ਤੋਂ ਬੇ-ਸਮਝੀ । ਅੰਧੇਰੁ—ਹਨੇਰਾ ।੭।

ਸਚੁ ਨਾਮੁ—ਸਦਾ-ਥਿਰ ਰਹਿਣ ਵਾਲਾ ਨਾਮ । ਹਿਰਦੈ—ਹਿਰਦੇ ਵਿਚ । ਵਸਾਈ—ਵਸਾਈਂ, ਮੈਂ ਵਸਾਵਾਂ । ਪ੍ਰਭ—ਹੇ ਪ੍ਰਭੂ! ਸਹਜਿ—ਆਤਮਕ ਅਡੋਲਤਾ

ਵਿਚ ।੮।

ਅਰਥ :—ਹੇ ਪ੍ਰਭੂ! (ਮੇਰਾ ਜੀ ਕਰਦਾ ਹੈ ਕਿ) ਮੈਂ ਤੇਰੇ ਗੁਣਾਂ ਦਾ ਕਥਨ ਕਰਾਂ, ਪਰ ਮੈਥੋਂ ਬਿਆਨ ਨਹੀਂ ਕੀਤੇ ਜਾ ਸਕਦੇ । ਤੇਰੇ ਗੁਣਾਂ ਦਾ ਅੰਤ ਨਹੀਂ ਪੈ ਸਕਦਾ, ਪਾਰਲਾ ਬੰਨਾ ਨਹੀਂ ਲੱਭ ਸਕਦਾ, ਮੁੱਲ ਨਹੀਂ ਪੈ ਸਕਦਾ ।

ਹੇ ਭਾਈ! ਸਾਰੇ ਸੁਖਾਂ ਦਾ ਦੇਣ ਵਾਲਾ (ਪ੍ਰਭੂ ਜਦੋਂ) ਆਪ ਹੀ ਦਇਆ ਕਰਦਾ ਹੈ, ਤਾਂ ਗੁਣ ਗਾਣ ਵਾਲੇ ਨੂੰ ਆਪਣੇ ਗੁਣਾਂ ਵਿਚ ਲੀਨ ਕਰ ਲੈਂਦਾ ਹੈ ।੫।

ਹੇ ਭਾਈ! ਇਸ ਜਗਤ ਵਿਚ (ਹਰ ਪਾਸੇ) ਮੋਹ ਪਸਰਿਆ ਹੋਇਆ ਹੈ । ਆਪਣੇ ਮਨ ਦੇ ਪਿੱਛੇ ਤੁਰਨ ਵਾਲਾ ਮਨੁੱਖ (ਇਸ ਮੋਹ ਦੇ ਕਾਰਨ) ਆਤਮਕ ਜੀਵਨ ਵਲੋਂ ਬੇ-ਸਮਝ ਰਹਿੰਦਾ ਹੈ, (ਮੋਹ ਵਿਚ) ਬਿਲਕੁਲ ਅੰਨ੍ਹਾ ਹੋਇਆ ਰਹਿੰਦਾ ਹੈ, (ਮੋਹ ਦੇ) ਧੰਧੇ ਵਿਚ ਭਟਕਦਾ ਭਟਕਦਾ (ਮਨੁੱਖਾ) ਜਨਮ ਜਾਇਆ ਕਰ ਲੈਂਦਾ ਹੈ, ਪਰਮਾਤਮਾ ਦੇ ਨਾਮ ਤੋਂ ਬਿਨਾ ਦੁੱਖ ਪਾਂਦਾ ਹੈ ।੬।

ਹੇ ਭਾਈ! (ਜਦੋਂ ਕਿਸੇ ਮਨੁੱਖ ਉਤੇ) ਪਰਮਾਤਮਾ ਦੀ ਮਿਹਰ ਹੁੰਦੀ ਹੈ, ਤਦੋਂ ਉਸ ਨੂੰ ਗੁਰੂ ਮਿਲਦਾ ਹੈ । ਗੁਰੂ ਦੇ ਸ਼ਬਦ ਦੀ ਰਾਹੀਂ (ਉਹ ਆਪਣੇ ਅੰਦਰੋਂ) ਹਉਮੈ ਦੀ ਮੈਲ ਸਾੜਦਾ ਹੈ । ਉਸ ਦਾ ਮਨ ਪਵਿੱਤਰ ਹੋ ਜਾਂਦਾ ਹੈ, (ਉਸ ਨੂੰ ਆਪਣੇ ਅੰਦਰੋਂ) ਗਿਆਨ ਰਤਨ (ਲੱਭ ਪੈਂਦਾ ਹੈ, ਜੋ ਉਸ ਦੇ ਅੰਦਰ ਆਤਮਕ ਜੀਵਨ ਦਾ) ਚਾਨਣ ਕਰ ਦੇਂਦਾ ਹੈ, ਇਸ ਤਰ੍ਹਾਂ ਉਹ (ਆਪਣੇ ਅੰਦਰੋਂ) ਅਗਿਆਨ-ਹਨੇਰਾ ਦੂਰ ਕਰ ਲੈਂਦਾ ਹੈ ।੭।

ਹੇ ਪ੍ਰਭੂ! (ਤੇਰੇ ਗੁਣਾਂ ਦੇ ਆਧਾਰ ਤੇ) ਤੇਰੇ ਅਨੇਕਾਂ ਹੀ ਨਾਮ ਹਨ, ਮੁੱਲ ਨਹੀਂ ਪਾਇਆ ਜਾ ਸਕਦਾ (ਕਿਸੇ ਦੁਨੀਆਵੀ ਪਦਾਰਥ ਦੇ ਵੱਟੇ ਤੇਰਾ ਨਾਮ ਪ੍ਰਾਪਤ ਨਹੀਂ ਹੋ ਸਕਦਾ) । (ਜੇ ਤੂੰ ਮਿਹਰ ਕਰੇਂ, ਤਾਂ) ਮੈਂ ਤੇਰਾ ਸਦਾ ਕਾਇਮ ਰਹਿਣ ਵਾਲਾ ਨਾਮ ਆਪਣੇ ਹਿਰਦੇ ਵਿਚ ਵਸਾਵਾਂ । ਹੇ ਪ੍ਰਭੂ! ਕੌਣ ਤੇਰਾ ਮੁੱਲ ਪਾ ਸਕਦਾ ਹੈ? (ਜਿਸ ਉਤੇ ਤੂੰ ਦਇਆ ਕਰਦਾ ਹੈਂ, ਉਸ ਨੂੰ) ਤੂੰ ਆਪ ਹੀ ਆਤਮਕ ਅਡੋਲਤਾ ਵਿਚ ਲੀਨ ਰੱਖਦਾ ਹੈਂ ।੮।

ਨਾਮੁ ਅਮੋਲਕੁ ਅਗਮ ਅਪਾਰਾ ॥ ਨਾ ਕੋ ਹੋਆ ਤੋਲਣਹਾਰਾ ॥ ਆਪੇ ਤੋਲੇ ਤੋਲਿ ਤੋਲਾਏ ਗੁਰ ਸਬਦੀ ਮੇਲਿ ਤੋਲਾਇਆ ॥੯॥ ਸੇਵਕ ਸੇਵਹਿ ਕਰਹਿ ਅਰਦਾਸਿ ॥ ਤੂ ਆਪੇ ਮੇਲਿ ਬਹਾਲਹਿ ਪਾਸਿ ॥ ਸਭਨਾ ਜੀਆ ਕਾ ਸੁਖਦਾਤਾ ਪੂਰੈ ਕਰਮਿ ਧਿਆਇਆ ॥੧੦॥ ਜਤੁ ਸਤੁ ਸੰਜਮੁ ਜਿ ਸਚੁ ਕਮਾਵੈ ॥ ਇਹੁ ਮਨੁ ਨਿਰਮਲੁ ਜਿ ਹਰਿ ਗੁਣ ਗਾਵੈ ॥ ਇਸੁ ਬਿਖੁ ਮਹਿ ਅੰਮ੍ਰਿਤੁ ਪਰਾਪਤਿ ਹੋਵੈ ਹਰਿ ਜੀਉ ਮੇਰੇ ਭਾਇਆ ॥੧੧॥ ਜਿਸ ਨੋ ਬੁਝਾਏ ਸੋਈ ਬੂਝੈ ॥ ਹਰਿ ਗੁਣ ਗਾਵੈ ਅੰਦਰੁ ਸੂਝੈ ॥ ਹਉਮੈ ਮੇਰਾ ਠਾਕਿ ਰਹਾਏ ਸਹਜੇ ਹੀ ਸਚੁ ਪਾਇਆ ॥੧੨॥ {ਪੰਨਾ ੧੦੬੭}

ਪਦ ਅਰਥ :—ਅਗਮ ਅਪਾਰ ਨਾਮੁ—ਅਪਹੁੰਚ ਬੇਅੰਤ ਪਰਮਾਤਮਾ ਦਾ ਨਾਮ । ਕੋ—ਕੋਈ ਭੀ ਮਨੁੱਖ । ਤੋਲਣਹਾਰਾ—ਮੁੱਲ ਪਾਣ ਜੋਗਾ । ਆਪੇ—ਆਪ ਹੀ । ਤੋਲੇ—ਕਦਰ ਜਾਣਦਾ ਹੈ । ਤੋਲਾਏ—(ਜੀਵਾਂ ਨੂੰ ਨਾਮ ਦੀ) ਕਦਰ ਕਰਨੀ ਸਿਖਾਂਦਾ ਹੈ । ਸਬਦੀ—ਸ਼ਬਦ ਦੀ ਰਾਹੀਂ । ਮੇਲਿ—ਮੇਲ ਕੇ । ਤੋਲਾਇਆ—ਕਦਰ ਸਿਖਾਂਦਾ ਹੈ ।੯।

ਸੇਵਹਿ—ਸੇਵਾ-ਭਗਤੀ ਕਰਦੇ ਹਨ । ਕਰਹਿ—ਕਰਦੇ ਹਨ {ਬਹੁ-ਵਚਨ} । ਬਹਾਲਹਿ—ਤੂੰ ਬਿਠਾਂਦਾ ਹੈਂ । ਪੂਰੈ ਕਰਮਿ—(ਤੇਰੀ) ਪੂਰੀ ਬਖ਼ਸ਼ਸ਼ ਨਾਲ ।੧੦।

ਜਤੁ—ਕਾਮ-ਵਾਸਨਾ ਨੂੰ ਰੋਕਣਾ । ਸਤੁ—ਵਿਕਾਰ-ਰਹਿਤ ਜੀਵਨ । ਸੰਜਮੁ—ਇੰਦ੍ਰਿਆਂ ਨੂੰ ਵਿਕਾਰਾਂ ਵਲੋਂ ਰੋਕਣ ਦਾ ਜਤਨ । ਜਿ—ਜਿਹੜਾ ਮਨੁੱਖ । ਸਚੁ ਕਮਾਵੈ—ਸਦਾ-ਥਿਰ ਹਰਿ-ਨਾਮ ਸਿਮਰਨ ਦੀ ਕਮਾਈ ਕਰਦਾ ਹੈ । ਗਾਵੈ—ਗਾਂਦਾ ਹੈ । ਬਿਖੁ—ਜ਼ਹਰ, ਆਤਮਕ ਮੌਤ ਲਿਆਉਣ ਵਾਲੀ ਮਾਇਆ । ਅੰਮ੍ਰਿਤੁ—ਆਤਮਕ ਜੀਵਨ ਦੇਣ ਵਾਲਾ ਨਾਮ-ਜਲ । ਭਾਇਆ—ਚੰਗਾ ਲੱਗਾ ।੧੧।

ਜਿਸ ਨੋ—{ਸੰਬੰਧਕ 'ਨੋ' ਦੇ ਕਾਰਨ ਲਫ਼ਜ਼ 'ਜਿਸੁ' ਦਾ ੁ ਉੱਡ ਗਿਆ ਹੈ} । ਬੁਝਾਏ—ਆਤਮਕ ਜੀਵਨ ਦੀ ਸੂਝ ਦੇਂਦਾ ਹੈ । ਅੰਦਰੁ—ਹਿਰਦਾ । ਸੂਝੈ—ਸੂਝ ਵਾਲਾ ਹੋ ਜਾਂਦਾ ਹੈ । ਠਾਕਿ—ਰੋਕ ਕੇ । ਸਹਜੇ—ਆਤਮਕ ਅਡੋਲਤਾ ਵਿਚ । ਸਚੁ—ਸਦਾ ਕਾਇਮ ਰਹਿਣ ਵਾਲਾ ਪਰਮਾਤਮਾ ।੧੨।

ਅਰਥ :—ਹੇ ਭਾਈ! ਅਪਹੁੰਚ ਤੇ ਬੇਅੰਤ ਪਰਮਾਤਮਾ ਦੇ ਨਾਮ ਦਾ ਮੁੱਲ ਨਹੀਂ ਪੈ ਸਕਦਾ (ਕਿਸੇ ਦੁਨੀਆਵੀ ਪਦਾਰਥ ਦੇ ਵੱਟੇ ਨਹੀਂ ਮਿਲ ਸਕਦਾ) । ਕੋਈ ਭੀ ਜੀਵ (ਹਰਿ-ਨਾਮ ਦਾ) ਮੁੱਲ ਪਾਣ-ਜੋਗਾ ਨਹੀਂ ਹੋ ਸਕਿਆ । ਉਹ ਪ੍ਰਭੂ ਆਪ ਹੀ ਆਪਣੇ ਨਾਮ ਦੀ ਕਦਰ ਜਾਣਦਾ ਹੈ । ਆਪ ਕਦਰ ਜਾਣ ਕੇ ਜੀਵਾਂ ਨੂੰ ਕਦਰ ਕਰਨੀ ਸਿਖਾਂਦਾ ਹੈ । ਗੁਰੂ ਦੇ ਸ਼ਬਦ ਦੀ ਰਾਹੀਂ (ਆਪਣੇ ਨਾਲ) ਮੇਲ ਕੇ ਕਦਰ ਸਿਖਾਂਦਾ ਹੈ ।੯।

ਹੇ ਪ੍ਰਭੂ! ਤੇਰੇ ਭਗਤ ਤੇਰੀ ਸੇਵਾ-ਭਗਤੀ ਕਰਦੇ ਹਨ, (ਤੇਰੇ ਦਰ ਤੇ) ਅਰਦਾਸ ਕਰਦੇ ਹਨ । ਤੂੰ ਆਪ ਹੀ ਉਹਨਾਂ ਨੂੰ (ਆਪਣੇ ਨਾਮ ਵਿਚ) ਜੋੜ ਕੇ ਆਪਣੇ ਪਾਸ ਬਿਠਾਂਦਾ ਹੈਂ । ਹੇ ਪ੍ਰਭੂ! ਤੂੰ ਸਾਰੇ ਜੀਵਾਂ ਨੂੰ ਸੁਖ ਦੇਣ ਵਾਲਾ ਹੈਂ । ਤੇਰੀ ਪੂਰੀ ਮਿਹਰ ਨਾਲ (ਹੀ ਤੇਰੇ ਸੇਵਕ) ਤੇਰਾ ਸਿਮਰਨ ਕਰਦੇ ਹਨ ।੧੦।

ਹੇ ਭਾਈ! ਜਿਹੜਾ ਮਨੁੱਖ ਸਦਾ-ਥਿਰ ਹਰਿ-ਨਾਮ ਸਿਮਰਨ ਦੀ ਕਮਾਈ ਕਰਦਾ ਹੈ, ਜਿਹੜਾ ਮਨੁੱਖ ਪਰਮਾਤਮਾ ਦੇ ਗੁਣ ਗਾਂਦਾ ਰਹਿੰਦਾ ਹੈ, ਉਸ ਦਾ ਇਹ ਮਨ ਪਵਿੱਤਰ ਹੋ ਜਾਂਦਾ ਹੈ । ਆਤਮਕ ਮੌਤ ਲਿਆਉਣ ਵਾਲੀ ਇਸ ਮਾਇਆ-ਜ਼ਹਰ ਦੇ ਵਿਚ ਵਰਤਦਿਆਂ ਹੀ ਉਸ ਨੂੰ ਆਤਮਕ ਜੀਵਨ ਦੇਣ ਵਾਲਾ ਨਾਮ-ਜਲ ਮਿਲ ਜਾਂਦਾ ਹੈ । ਮੇਰੇ ਪ੍ਰਭੂ ਨੂੰ ਇਹੀ ਮਰਯਾਦਾ ਭਾਂਦੀ ਹੈ ।੧੧।

ਹੇ ਭਾਈ! ਜਿਸ ਮਨੁੱਖ ਨੂੰ ਪਰਮਾਤਮਾ ਆਪ ਆਤਮਕ ਜੀਵਨ ਦੀ ਸਮਝ ਦੇਂਦਾ ਹੈ, ਉਹੀ ਮਨੁੱਖ ਸਮਝਦਾ ਹੈ । (ਜਿਉਂ ਜਿਉਂ) ਉਹ ਪਰਮਾਤਮਾ ਦੇ ਗੁਣ ਗਾਂਦਾ ਹੈ, ਉਸ ਦਾ ਹਿਰਦਾ ਸੂਝ ਵਾਲਾ ਹੁੰਦਾ ਜਾਂਦਾ ਹੈ । ਉਹ ਮਨੁੱਖ ਹਉਮੈ ਅਤੇ ਮਮਤਾ ਨੂੰ (ਪ੍ਰਭਾਵ ਪਾਣ ਤੋਂ) ਰੋਕ ਰੱਖਦਾ ਹੈ । ਆਤਮਕ ਅਡੋਲਤਾ ਵਿਚ ਟਿਕ ਕੇ ਉਹ ਸਦਾ-ਥਿਰ ਹਰੀ ਦਾ ਮਿਲਾਪ ਪ੍ਰਾਪਤ ਕਰ ਲੈਂਦਾ ਹੈ ।੧੨।

ਬਿਨੁ ਕਰਮਾ ਹੋਰ ਫਿਰੈ ਘਨੇਰੀ ॥ ਮਰਿ ਮਰਿ ਜੰਮੈ ਚੁਕੈ ਨ ਫੇਰੀ ॥ ਬਿਖੁ ਕਾ ਰਾਤਾ ਬਿਖੁ ਕਮਾਵੈ ਸੁਖੁ ਨ ਕਬਹੂ ਪਾਇਆ ॥੧੩॥ ਬਹੁਤੇ ਭੇਖ ਕਰੇ ਭੇਖਧਾਰੀ ॥ ਬਿਨੁ ਸਬਦੈ ਹਉਮੈ ਕਿਨੈ ਨ ਮਾਰੀ ॥ ਜੀਵਤੁ ਮਰੈ ਤਾ ਮੁਕਤਿ ਪਾਏ ਸਚੈ ਨਾਇ ਸਮਾਇਆ ॥੧੪॥ ਅਗਿਆਨੁ ਤ੍ਰਿਸਨਾ ਇਸੁ ਤਨਹਿ ਜਲਾਏ ॥ ਤਿਸ ਦੀ ਬੂਝੈ ਜਿ ਗੁਰ ਸਬਦੁ ਕਮਾਏ ॥ ਤਨੁ ਮਨੁ ਸੀਤਲੁ ਕ੍ਰੋਧੁ ਨਿਵਾਰੇ ਹਉਮੈ ਮਾਰਿ ਸਮਾਇਆ ॥੧੫॥ ਸਚਾ ਸਾਹਿਬੁ ਸਚੀ ਵਡਿਆਈ ॥ ਗੁਰ ਪਰਸਾਦੀ ਵਿਰਲੈ ਪਾਈ ॥ ਨਾਨਕੁ ਏਕ ਕਹੈ ਬੇਨੰਤੀ ਨਾਮੇ ਨਾਮਿ ਸਮਾਇਆ ॥੧੬॥੧॥੨੩॥ {ਪੰਨਾ ੧੦੬੭-੧੦੬੮}

ਪਦ ਅਰਥ :—ਕਰਮੁ—ਬਖ਼ਸ਼ਸ਼, ਮਿਹਰ । ਬਿਨੁ ਕਰਮਾ—(ਪਰਮਾਤਮਾ ਦੀ) ਮਿਹਰ ਤੋਂ ਬਿਨਾ । ਹੋਰ—(ਨਾਮ ਤੋਂ ਖੁੰਝੀ ਹੋਈ) ਹੋਰ ਲੁਕਾਈ । ਘਨੇਰੀ—ਬਥੇਰੀ । ਫਿਰੈ—ਭਟਕਦੀ ਫਿਰਦੀ ਹੈ । ਮਰਿ ਮਰਿ—ਮਰ ਮਰ ਕੇ । ਜੰਮੈ—ਜੰਮਦੀ ਹੈ । ਮਰਿ ਮਰਿ ਜੰਮੈ—ਜਨਮ ਮਰਨ ਦੇ ਗੇੜ ਵਿਚ ਪਈ ਰਹਿੰਦੀ ਹੈ । ਚੁਕੈ ਨ—ਮੁੱਕਦੀ ਨਹੀਂ । ਫੇਰੀ—ਜਨਮ ਮਰਨ ਦਾ ਚੱਕਰ । ਬਿਖੁ—ਜ਼ਹਰ, ਆਤਮਕ ਮੌਤ ਲਿਆਉਣ ਵਾਲੀ ਮਾਇਆ-ਜ਼ਹਰ ।੧੩।

ਭੇਖਧਾਰੀ—(ਜੋਗ ਵੈਰਾਗ ਸੰਨਿਆਸ ਆਦਿਕ ਦਾ) ਭੇਖ ਧਾਰਨ ਵਾਲਾ । ਕਿਨੈ—ਕਿਸੇ ਨੇ ਭੀ । ਜੀਵਤ ਮਰੈ—ਦੁਨੀਆ ਦੀ ਕਿਰਤ-ਕਾਰ ਕਰਦਾ ਹੋਇਆ ਹੀ ਆਪਾ-ਭਾਵ ਛੱਡੇ । ਤਾ—ਤਦੋਂ । ਮੁਕਤਿ—ਹਉਮੈ ਤੋਂ ਖ਼ਲਾਸੀ । ਸਚੈ ਨਾਇ—ਸਦਾ-ਥਿਰ ਹਰਿ-ਨਾਮ ਵਿਚ । ਸਚੈ—ਸਦਾ-ਥਿਰ ਵਿਚ । ਨਾਇ—ਨਾਮ ਵਿਚ ।੧੪।

ਅਗਿਆਨੁ—ਆਤਮਕ ਜੀਵਨ ਵਲੋਂ ਬੇ-ਸਮਝੀ । ਤਨਹਿ—ਸਰੀਰ ਨੂੰ । ਜਲਾਏ—ਸਾੜ ਦੇਂਦੀ ਹੈ । ਤਿਸ ਦੀ—(ਸੰਬੰਧਕ 'ਦੀ' ਦੇ ਕਾਰਨ ਲਫ਼ਜ਼ 'ਤਿਸੁ' ਦਾ _ ਉੱਡ ਗਿਆ ਹੈ} । ਜਿ—ਜਿਹੜਾ ਮਨੁੱਖ । ਨਿਵਾਰੇ—ਦੂਰ ਕਰ ਲੈਂਦਾ ਹੈ । ਮਾਰਿ—ਮਾਰਿ ਕੇ ।੧੫।

ਸਚਾ—ਸੱਚਾ, ਸਦਾ ਕਾਇਮ ਰਹਿਣ ਵਾਲਾ । ਸਚੀ—ਸੱਚੀ, ਸਦਾ ਕਾਇਮ ਰਹਿਣ ਵਾਲੀ । ਪਰਸਾਦੀ—ਪਰਸਾਦਿ, ਕਿਰਪਾ ਨਾਲ । ਵਿਰਲੈ—(ਕਿਸੇ) ਵਿਰਲੇ (ਮਨੁੱਖ) ਨੇ । ਨਾਨਕੁ ਕਹੈ—ਨਾਨਕ ਆਖਦਾ ਹੈ । ਨਾਮੇ ਨਾਮਿ—ਹਰ ਵੇਲੇ ਨਾਮ ਵਿਚ ਹੀ ।੧੬।

ਅਰਥ :—ਹੇ ਭਾਈ! ਪਰਮਾਤਮਾ ਦੀ ਮਿਹਰ ਤੋਂ ਬਿਨਾ (ਨਾਮ ਤੋਂ ਖੁੰਝੀ ਹੋਈ) ਹੋਰ ਬਥੇਰੀ ਲੁਕਾਈ ਭਟਕਦੀ ਫਿਰਦੀ ਹੈ । ਉਹ ਜਨਮ ਮਰਨ ਦੇ ਗੇੜ ਵਿਚ ਪਈ ਰਹਿੰਦੀ ਹੈ, ਉਸ ਦਾ ਜਨਮ ਮਰਨ ਦਾ ਗੇੜ ਮੁੱਕਦਾ ਨਹੀਂ । ਜਿਹੜਾ ਮਨੁੱਖ ਆਤਮਕ ਮੌਤ ਲਿਆਉਣ ਵਾਲੀ ਮਾਇਆ-ਜ਼ਹਰ ਦਾ ਲੱਟੂ ਹੋਇਆ ਰਹਿੰਦਾ ਹੈ, ਉਹ ਇਹ ਜ਼ਹਰ ਹੀ ਵਿਹਾਝਦਾ ਫਿਰਦਾ ਹੈ, ਉਹ ਕਦੇ ਆਤਮਕ ਆਨੰਦ ਨਹੀਂ ਮਾਣ ਸਕਦਾ ।੧੩।

ਹੇ ਭਾਈ! (ਤਿਆਗੀਆਂ ਵਾਲਾ ਪਹਿਰਾਵਾ ਪਾਈ ਫਿਰਦਿਆਂ ਨੂੰ ਵੇਖ ਕੇ ਭੀ ਨਾਹ ਭੁੱਲ ਜਾਣਾ ਕਿ ਇਹ ਇਸ ਜ਼ਹਰ ਤੋਂ ਬਚੇ ਹੋਏ ਹਨ । ਜੋਗ ਸੰਨਿਆਸ ਆਦਿਕ ਵਾਲਾ) ਧਾਰਮਿਕ ਪਹਿਰਾਵਾ ਪਾਣ ਵਾਲਾ ਮਨੁੱਖ ਬਥੇਰੇ (ਇਹੋ ਜਿਹੇ) ਭੇਖ ਕਰਦਾ ਹੈ, ਪਰ ਗੁਰੂ ਦੇ ਸ਼ਬਦ ਤੋਂ ਬਿਨਾ ਕੋਈ ਭੀ ਮਨੁੱਖ (ਆਪਣੇ ਅੰਦਰੋਂ) ਹਉਮੈ ਦੂਰ ਨਹੀਂ ਕਰ ਸਕਿਆ । ਜਦੋਂ ਮਨੁੱਖ ਦੁਨੀਆ ਦਾ ਕਾਰ-ਵਿਹਾਰ ਕਰਦਾ ਹੋਇਆ ਹੀ ਆਪਾ-ਭਾਵ ਛੱਡਦਾ ਹੈ, ਤਦੋਂ ਉਹ (ਹਉਮੈ ਤੋਂ) ਖ਼ਲਾਸੀ ਪਾ ਲੈਂਦਾ ਹੈ, ਉਹ ਸਦਾ ਕਾਇਮ ਰਹਿਣ ਵਾਲੇ ਪਰਮਾਤਮਾ ਦੇ ਨਾਮ ਵਿਚ ਜੁੜਿਆ ਰਹਿੰਦਾ ਹੈ ।੧੪।

ਹੇ ਭਾਈ! ਆਤਮਕ ਜੀਵਨ ਵਲੋਂ ਬੇ-ਸਮਝੀ (ਇਸ ਨੂੰ) ਮਾਇਆ ਦੀ ਤ੍ਰਿਸ਼ਨਾ (ਕਹਿ ਲਵੋ, ਇਹ ਮਾਇਆ ਦੀ ਤ੍ਰਿਸ਼ਨਾ ਮਨੁੱਖ ਦੇ) ਇਸ ਸਰੀਰ ਨੂੰ (ਅੰਦਰੇ ਅੰਦਰ) ਸਾੜਦੀ ਰਹਿੰਦੀ ਹੈ । ਇਹ ਤ੍ਰਿਸ਼ਨਾ-ਅੱਗ ਉਸ ਮਨੁੱਖ ਦੀ ਬੁੱਝਦੀ ਹੈ ਜਿਹੜਾ ਗੁਰੂ ਦੇ ਸ਼ਬਦ ਨੂੰ ਹਰ ਵੇਲੇ ਹਿਰਦੇ ਵਿਚ ਵਸਾਈ ਰੱਖਦਾ ਹੈ । ਉਸ ਦਾ ਤਨ ਵਿਕਾਰਾਂ ਦੀ ਅੱਗ ਤੋਂ ਬਚਿਆ ਰਹਿੰਦਾ ਹੈ, ਉਸ ਦਾ ਮਨ ਸ਼ਾਂਤ ਰਹਿੰਦਾ ਹੈ, ਉਹ (ਆਪਣੇ ਅੰਦਰੋਂ) ਕ੍ਰੋਧ ਦੂਰ ਕਰ ਲੈਂਦਾ ਹੈ, ਹਉਮੈ ਨੂੰ ਮਾਰ ਕੇ ਉਹ ਮਨੁੱਖ (ਗੁਰ-ਸ਼ਬਦ ਵਿਚ) ਲੀਨ ਰਹਿੰਦਾ ਹੈ ।੧੫।

ਹੇ ਭਾਈ! ਨਾਨਕ ਇਕ ਬੇਨਤੀ ਕਰਦਾ ਹੈ (ਕਿ) ਮਾਲਕ-ਪ੍ਰਭੂ ਸਦਾ ਕਾਇਮ ਰਹਿਣ ਵਾਲਾ ਹੈ, ਉਸ ਦੀ ਵਡਿਆਈ ਭੀ ਸਦਾ ਕਾਇਮ ਰਹਿਣ ਵਾਲੀ ਹੈ । ਕਿਸੇ ਵਿਰਲੇ ਮਨੁੱਖ ਨੇ ਗੁਰੂ ਦੀ ਕਿਰਪਾ ਨਾਲ (ਮਾਲਕ ਪ੍ਰਭੂ ਦੀ ਵਡਿਆਈ ਕਰਨ ਦੀ ਦਾਤਿ) ਪ੍ਰਾਪਤ ਕੀਤੀ ਹੈ (ਜਿਸ ਨੇ ਪ੍ਰਾਪਤ ਕੀਤੀ ਹੈ ਉਹ) ਹਰ ਵੇਲੇ ਪਰਮਾਤਮਾ ਦੇ ਨਾਮ ਵਿਚ ਹੀ ਲੀਨ ਰਹਿੰਦਾ ਹੈ ।੧੬।੧।੨੩।

ਮਾਰੂ ਮਹਲਾ ੩ ॥ ਨਦਰੀ ਭਗਤਾ ਲੈਹੁ ਮਿਲਾਏ ॥ ਭਗਤ ਸਲਾਹਨਿ ਸਦਾ ਲਿਵ ਲਾਏ ॥ ਤਉ ਸਰਣਾਈ ਉਬਰਹਿ ਕਰਤੇ ਆਪੇ ਮੇਲਿ ਮਿਲਾਇਆ ॥੧॥ ਪੂਰੈ ਸਬਦਿ ਭਗਤਿ ਸੁਹਾਈ ॥ ਅੰਤਰਿ ਸੁਖੁ ਤੇਰੈ ਮਨਿ ਭਾਈ ॥ ਮਨੁ ਤਨੁ ਸਚੀ ਭਗਤੀ ਰਾਤਾ ਸਚੇ ਸਿਉ ਚਿਤੁ ਲਾਇਆ ॥੨॥ ਹਉਮੈ ਵਿਚਿ ਸਦ ਜਲੈ ਸਰੀਰਾ ॥ ਕਰਮੁ ਹੋਵੈ ਭੇਟੇ ਗੁਰੁ ਪੂਰਾ ॥ ਅੰਤਰਿ ਅਗਿਆਨੁ ਸਬਦਿ ਬੁਝਾਏ ਸਤਿਗੁਰ ਤੇ ਸੁਖੁ ਪਾਇਆ ॥੩॥ ਮਨਮੁਖੁ ਅੰਧਾ ਅੰਧੁ ਕਮਾਏ ॥ ਬਹੁ ਸੰਕਟ ਜੋਨੀ ਭਰਮਾਏ ॥ ਜਮ ਕਾ ਜੇਵੜਾ ਕਦੇ ਨ ਕਾਟੈ ਅੰਤੇ ਬਹੁ ਦੁਖੁ ਪਾਇਆ ॥੪॥ {ਪੰਨਾ ੧੦੬੮}

ਪਦ ਅਰਥ :—ਨਦਰੀ—ਮਿਹਰ ਦੀ ਨਿਗਾਹ ਨਾਲ । ਲੈਹੁ ਮਿਲਾਏ—ਤੂੰ (ਆਪਣੇ ਨਾਲ) ਮਿਲਾ ਲੈਂਦਾ ਹੈਂ । ਸਲਾਹਨਿ—ਸਿਫ਼ਤਿ-ਸਾਲਾਹ ਕਰਦੇ ਹਨ । ਲਿਵ ਲਾਏ—ਲਿਵ ਲਾਇ, ਸੁਰਤਿ ਜੋੜ ਕੇ । ਤਉ—ਤੇਰੀ । ਉਬਰਹਿ—(ਵਿਕਾਰਾਂ ਤੋਂ) ਬਚਦੇ ਹਨ । ਕਰਤੇ—ਹੇ ਕਰਤਾਰ ।੧।

ਸਬਦਿ—ਸ਼ਬਦ ਦੀ ਰਾਹੀਂ । ਸੁਹਾਈ—ਸੋਹਣੀ ਬਣੀ । ਤੇਰੈ ਮਨਿ—ਤੇਰੇ ਮਨ ਵਿਚ । ਭਾਈ—(ਉਹ ਭਗਤੀ) ਭਾ ਗਈ । ਰਤਾ—ਰੰਗਿਆ ਗਿਆ । ਸਿਉ—ਨਾਲ ।੨।

ਸਦ—ਸਦਾ । ਜਲੈ—ਸੜਦਾ ਹੈ {ਇਕ-ਵਚਨ} । ਕਰਮੁ—ਮਿਹਰ, ਬਖ਼ਸ਼ਸ਼ । ਭੇਟੇ—ਮਿਲਦਾ ਹੈ । ਅੰਤਰਿ—ਅੰਦਰ (-ਵੱਸਦਾ) । ਅਗਿਆਨੁ—ਆਤਮਕ ਜੀਵਨ ਵਲੋਂ ਕੋਰਾ-ਪਨ । ਬੁਝਾਏ—ਮਿਟਾ ਦੇਂਦਾ ਹੈ । ਤੇ—ਤੋਂ ।੩।

ਮਨਮੁਖ—ਆਪਣੇ ਮਨ ਵਲ ਮੂੰਹ ਕਰੀ ਰੱਖਣ ਵਾਲਾ ਮਨੁੱਖ, ਮਨ ਦਾ ਮੁਰੀਦ । ਅੰਧਾ—(ਮਾਇਆ ਦੇ ਮੋਹ ਵਿਚ) ਅੰਨ੍ਹਾ । ਅੰਧੁ—ਅੰਨ੍ਹਿਆਂ ਵਾਲਾ ਕੰਮ । ਸੰਕਟ—ਕਸ਼ਟ । ਭਰਮਾਏ—ਭਟਕਦਾ ਹੈ । ਜੇਵੜਾ—ਫਾਹੀ । ਨ ਕਾਟੈ—ਨਹੀਂ ਕੱਟ ਸਕਦਾ । ਅੰਤੇ—ਅਖ਼ੀਰ ਵੇਲੇ । ਜਮ ਕਾ ਜੇਵੜਾ—ਆਤਮਕ ਮੌਤ

ਦੀ ਫਾਹੀ ।੪।

ਅਰਥ :—ਹੇ ਕਰਤਾਰ! ਆਪਣੇ ਭਗਤਾਂ ਨੂੰ ਤੂੰ ਮਿਹਰ ਦੀ ਨਿਗਾਹ ਨਾਲ (ਆਪਣੇ ਚਰਨਾਂ ਵਿਚ) ਜੋੜ ਰੱਖਦਾ ਹੈਂ, (ਇਸ ਵਾਸਤੇ) ਭਗਤ (ਤੇਰੇ ਚਰਨਾਂ ਵਿਚ) ਸੁਰਤਿ ਜੋੜ ਕੇ ਸਦਾ ਤੇਰੀ ਸਿਫ਼ਤਿ-ਸਾਲਾਹ ਕਰਦੇ ਰਹਿੰਦੇ ਹਨ । ਤੇਰੀ ਸਰਨ ਵਿਚ ਰਹਿ ਕੇ ਉਹ ਵਿਕਾਰਾਂ ਤੋਂ ਬਚੇ ਰਹਿੰਦੇ ਹਨ । ਤੂੰ ਆਪ ਹੀ ਉਹਨਾਂ ਨੂੰ (ਗੁਰੂ ਨਾਲ) ਮਿਲਾ ਕੇ (ਆਪਣੇ ਨਾਲ) ਜੋੜੀ ਰੱਖਦਾ ਹੈਂ ।੧।

ਹੇ ਕਰਤਾਰ! ਪੂਰੇ (ਗੁਰੂ ਦੇ) ਸ਼ਬਦ ਦੀ ਬਰਕਤਿ ਨਾਲ (ਜਿਸ ਮਨੁੱਖ ਦੇ ਅੰਦਰ ਤੇਰੀ) ਭਗਤੀ ਨਿਖਰ ਆਉਂਦੀ ਹੈ, ਉਸ ਦੇ ਅੰਦਰ ਆਤਮਕ ਆਨੰਦ ਬਣ ਜਾਂਦਾ ਹੈ, (ਉਸ ਮਨੁੱਖ ਦੀ ਭਗਤੀ) ਤੇਰੇ ਮਨ ਵਿਚ ਪਿਆਰੀ ਲੱਗਦੀ ਹੈ । ਉਸ ਮਨੁੱਖ ਦਾ ਮਨ ਉਸ ਦਾ ਤਨ ਤੇਰੀ ਸਦਾ-ਥਿਰ ਸਿਫ਼ਤਿ-ਸਾਲਾਹ ਵਿਚ ਰੰਗਿਆ ਰਹਿੰਦਾ ਹੈ, ਉਹ ਤੇਰੇ ਸਦਾ-ਥਿਰ ਨਾਮ ਨਾਲ ਆਪਣਾ ਚਿੱਤ ਜੋੜ ਰੱਖਦਾ ਹੈ ।੨।

ਹੇ ਭਾਈ! ਹਉਮੈ (ਦੀ ਅੱਗ) ਵਿਚ (ਮਨੁੱਖ ਦਾ) ਸਰੀਰ (ਅੰਦਰੇ ਅੰਦਰ) ਸਦਾ ਸੜਦਾ ਰਹਿੰਦਾ ਹੈ । (ਜਦੋਂ ਪ੍ਰਭੂ ਦੀ) ਮਿਹਰ ਹੁੰਦੀ ਹੈ ਤਾਂ ਇਸ ਨੂੰ ਪੂਰਾ ਗੁਰੂ ਮਿਲਦਾ ਹੈ । ਉਹ ਮਨੁੱਖ ਆਪਣੇ ਅੰਦਰ-ਵੱਸਦੇ ਅਗਿਆਨ ਨੂੰ ਗੁਰੂ ਦੇ ਸ਼ਬਦ ਨਾਲ ਦੂਰ ਕਰ ਲੈਂਦਾ ਹੈ, ਗੁਰੂ ਪਾਸੋਂ ਉਹ ਆਤਮਕ ਆਨੰਦ ਪ੍ਰਾਪਤ ਕਰਦਾ ਹੈ ।੩।

ਪਰ, ਹੇ ਭਾਈ! ਆਪਣੇ ਮਨ ਦੇ ਪਿੱਛੇ ਤੁਰਨ ਵਾਲਾ ਮਨੁੱਖ (ਮਾਇਆ ਦੇ ਮੋਹ ਵਿਚ) ਅੰਨ੍ਹਾ ਹੋਇਆ ਰਹਿੰਦਾ ਹੈ, ਉਹ ਸਦਾ ਅੰਨ੍ਹਿਆਂ ਵਾਲਾ ਕੰਮ ਹੀ ਕਰਦਾ ਹੈ (ਔਝੜੇ ਪਿਆ ਰਹਿੰਦਾ ਹੈ) । (ਜੀਵਨ-ਸਫ਼ਰ ਵਿਚ ਸਹੀ ਰਸਤੇ ਤੋਂ ਖੁੰਝ ਕੇ) ਉਹ ਅਨੇਕਾਂ ਕਸ਼ਟ ਸਹਾਰਦਾ ਹੈ, ਤੇ, ਅਨੇਕਾਂ ਜੂਨਾਂ ਵਿਚ ਭਟਕਦਾ ਫਿਰਦਾ ਹੈ । (ਉਹ ਮਨੁੱਖ ਆਪਣੇ ਗਲੋਂ) ਆਤਮਕ ਮੌਤ ਦੀ ਫਾਹੀ ਕਦੇ ਨਹੀਂ ਕੱਟ ਸਕਦਾ । ਅੰਤ ਵੇਲੇ ਭੀ ਉਹ ਬਹੁਤ ਦੁੱਖ ਪਾਂਦਾ ਹੈ ।੪।

ਆਵਣ ਜਾਣਾ ਸਬਦਿ ਨਿਵਾਰੇ ॥ ਸਚੁ ਨਾਮੁ ਰਖੈ ਉਰ ਧਾਰੇ ॥ ਗੁਰ ਕੈ ਸਬਦਿ ਮਰੈ ਮਨੁ ਮਾਰੇ ਹਉਮੈ ਜਾਇ ਸਮਾਇਆ ॥੫॥ ਆਵਣ ਜਾਣੈ ਪਰਜ ਵਿਗੋਈ ॥ ਬਿਨੁ ਸਤਿਗੁਰ ਥਿਰੁ ਕੋਇ ਨ ਹੋਈ ॥ ਅੰਤਰਿ ਜੋਤਿ ਸਬਦਿ ਸੁਖੁ ਵਸਿਆ ਜੋਤੀ ਜੋਤਿ ਮਿਲਾਇਆ ॥੬॥ ਪੰਚ ਦੂਤ ਚਿਤਵਹਿ ਵਿਕਾਰਾ ॥ ਮਾਇਆ ਮੋਹ ਕਾ ਏਹੁ ਪਸਾਰਾ ॥ ਸਤਿਗੁਰੁ ਸੇਵੇ ਤਾ ਮੁਕਤੁ ਹੋਵੈ ਪੰਚ ਦੂਤ ਵਸਿ ਆਇਆ ॥੭॥ ਬਾਝੁ ਗੁਰੂ ਹੈ ਮੋਹੁ ਗੁਬਾਰਾ ॥ ਫਿਰਿ ਫਿਰਿ ਡੁਬੈ ਵਾਰੋ ਵਾਰਾ ॥ ਸਤਿਗੁਰ ਭੇਟੇ ਸਚੁ ਦ੍ਰਿੜਾਏ ਸਚੁ ਨਾਮੁ ਮਨਿ ਭਾਇਆ ॥੮॥ {ਪੰਨਾ ੧੦੬੮}

ਪਦ ਅਰਥ :—ਆਵਣ ਜਾਣਾ—ਜੰਮਣਾ ਮਰਨਾ, ਜਨਮ ਮਰਨ ਦਾ ਗੇੜ । ਸਬਦਿ—ਗੁਰੂ ਦੇ ਸ਼ਬਦ ਦੀ ਰਾਹੀਂ । ਨਿਵਾਰੇ—ਦੂਰ ਕਰ ਲੈਂਦਾ ਹੈ । ਸਚੁ ਨਾਮੁ—ਸਦਾ-ਥਿਰ ਹਰਿ-ਨਾਮ । ਉਰ—{ਉਰਸ} ਹਿਰਦਾ । ਧਾਰੇ—ਧਾਰਿ, ਟਿਕਾ ਕੇ । ਮਰੈ—(ਅਪਣੱਤ ਵਲੋਂ) ਮਾਰਦਾ ਹੈ, ਆਪਾ-ਭਾਵ ਦੂਰ ਕਰਦਾ ਹੈ । ਮਨੁ ਮਾਰੇ—ਮਨ ਨੂੰ ਵੱਸ ਵਿਚ ਰੱਖਦਾ ਹੈ । ਜਾਇ—ਦੂਰ ਹੋ ਜਾਂਦੀ ਹੈ ।੫।

ਆਵਣ ਜਾਣੈ—ਜਨਮ ਮਰਨ (ਦੇ ਗੇੜ) ਵਿਚ । ਪਰਜ—ਸ੍ਰਿਸ਼ਟੀ । ਵਿਗੋਈ—ਖ਼ੁਆਰ ਹੁੰਦੀ ਹੈ । ਥਿਰੁ—ਟਿਕਿਆ ਹੋਇਆ । ਅੰਦਰਿ—ਅੰਦਰ, ਹਿਰਦੇ ਵਿਚ । ਸਬਦਿ—ਸ਼ਬਦ ਦੀ ਰਾਹੀਂ । ਜੋਤੀ—ਪਰਮਾਤਮਾ ਦੀ ਜੋਤਿ ਵਿਚ ।੬।

ਪੰਚ ਦੂਤ—(ਕਾਮਾਦਿਕ) ਪੰਜ ਵੈਰੀਆਂ ਦੇ ਕਾਰਨ । ਚਿਤਵਦੇ—(ਜੀਵ) ਚਿਤਵਦੇ ਰਹਿੰਦੇ ਹਨ । ਪਸਾਰਾ—ਖਿਲਾਰਾ । ਮੋਹ ਕਾ ਪਸਾਰਾ—ਹਰ ਪਾਸੇ ਮੋਹ ਦਾ ਪ੍ਰਭਾਵ । ਸੇਵੇ—ਸਰਨ ਪਿਆ ਰਹੇ । ਮੁਕਤੁ—(ਮੋਹ ਦੇ ਪ੍ਰਭਾਵ ਤੋਂ) ਸੁਤੰਤਰ । ਵਸਿ—ਵੱਸ ਵਿਚ ।੭।

ਗੁਬਾਰਾ—ਘੁੱਪ ਹਨੇਰਾ । ਫਿਰਿ ਫਿਰਿ—ਮੁੜ ਮੁੜ । ਵਾਰੋ ਵਾਰਾ—ਬਾਰ ਬਾਰ, ਅਨੇਕਾਂ ਵਾਰੀ । ਸਤਿਗੁਰ ਭੇਟੇ—ਗੁਰੂ ਨੂੰ ਮਿਲ ਪਏ । ਸਚੁ—ਸਦਾ-ਥਿਰ ਹਰਿ-ਨਾਮ । ਦ੍ਰਿੜਾਏ—ਹਿਰਦੇ ਵਿਚ ਪੱਕਾ ਕਰ ਦੇਂਦਾ ਹੈ । ਮਨਿ—ਮਨਿ ਵਿਚ । ਭਾਇਆ—ਪਿਆਰਾ ਲੱਗਣ ਲੱਗ ਪੈਂਦਾ ਹੈ ।੮।

ਅਰਥ :—ਹੇ ਭਾਈ! ਜਿਹੜਾ ਮਨੁੱਖ ਸਦਾ ਕਾਇਮ ਰਹਿਣ ਵਾਲੇ ਪਰਮਾਤਮਾ ਦਾ ਨਾਮ ਆਪਣੇ ਹਿਰਦੇ ਵਿਚ ਵਸਾਈ ਰੱਖਦਾ ਹੈ, ਉਹ ਗੁਰੂ ਦੇ ਸ਼ਬਦ ਦੀ ਬਰਕਤਿ ਨਾਲ ਜਨਮ ਮਰਨ ਦਾ ਗੇੜ ਦੂਰ ਕਰ ਲੈਂਦਾ ਹੈ । ਉਹ ਮਨੁੱਖ ਗੁਰੂ ਦੇ ਸ਼ਬਦ ਦੀ ਰਾਹੀਂ ਆਪਾ-ਭਾਵ ਦੂਰ ਕਰ ਲੈਂਦਾ ਹੈ, ਉਹ ਆਪਣੇ ਮਨ ਨੂੰ ਵੱਸ ਵਿਚ ਕਰ ਲੈਂਦਾ ਹੈ, ਉਸ ਦੀ ਹਉਮੈ ਦੂਰ ਹੋ ਜਾਂਦੀ ਹੈ, ਉਹ ਸਦਾ ਪਰਮਾਤਮਾ ਦੀ ਯਾਦ ਵਿਚ ਲੀਨ ਰਹਿੰਦਾ ਹੈ ।੫।

ਹੇ ਭਾਈ! ਸ੍ਰਿਸ਼ਟੀ ਜਨਮ ਮਰਨ ਦੇ ਗੇੜ ਵਿਚ ਖ਼ੁਆਰ ਹੁੰਦੀ ਰਹਿੰਦੀ ਹੈ । ਗੁਰੂ ਦੀ ਸਰਨ ਤੋਂ ਬਿਨਾ (ਇਸ ਚੱਕਰ ਵਿਚੋਂ) ਕਿਸੇ ਨੂੰ ਭੀ ਖ਼ਲਾਸੀ ਨਹੀਂ ਹੁੰਦੀ । ਜਿਸ ਮਨੁੱਖ ਦੇ ਅੰਦਰ ਗੁਰੂ ਦੇ ਸ਼ਬਦ ਦੀ ਰਾਹੀਂ ਪਰਮਾਤਮਾ ਦੀ ਜੋਤਿ ਪਰਗਟ ਹੋ ਪੈਂਦੀ ਹੈ, ਉਸ ਦੇ ਅੰਦਰ ਆਤਮਕ ਆਨੰਦ ਆ ਵੱਸਦਾ ਹੈ, ਉਸ ਦੀ ਜੋਤਿ ਪਰਮਾਤਮਾ ਦੀ ਜੋਤਿ ਵਿਚ ਮਿਲੀ ਰਹਿੰਦੀ ਹੈ ।੬।

ਹੇ ਭਾਈ! (ਕਾਮਾਦਿਕ) ਪੰਜ ਵੈਰੀਆਂ ਦੇ (ਪ੍ਰਭਾਵ ਦੇ) ਕਾਰਨ (ਜੀਵ ਹਰ ਵੇਲੇ) ਵਿਕਾਰ ਚਿਤਵਦੇ ਰਹਿੰਦੇ ਹਨ । ਹਰ ਪਾਸੇ ਮਾਇਆ ਦੇ ਮੋਹ ਦਾ ਪ੍ਰਭਾਵ ਬਣਿਆ ਹੋਇਆ ਹੈ । ਜਦੋਂ ਮਨੁੱਖ ਗੁਰੂ ਦੀ ਸਰਨ ਪੈਂਦਾ ਹੈ, ਤਦੋਂ (ਇਸ ਮੋਹ ਦੇ ਦਬਾਅ ਤੋਂ) ਸੁਤੰਤਰ ਹੁੰਦਾ ਹੈ, (ਕਾਮਾਦਿਕ) ਪੰਜੇ ਵੈਰੀ ਉਸ ਦੇ ਵੱਸ ਵਿਚ ਆ ਜਾਂਦੇ ਹਨ ।੭।

ਹੇ ਭਾਈ! ਗੁਰੂ ਤੋਂ ਬਿਨਾ (ਮਾਇਆ ਦਾ) ਮੋਹ (ਇਤਨਾ ਪ੍ਰਬਲ ਰਹਿੰਦਾ) ਹੈ (ਕਿ ਮਨੁੱਖ ਦੇ ਜੀਵਨ-ਰਾਹ ਵਿਚ ਆਤਮਕ ਜੀਵਨ ਵਲੋਂ) ਘੁੱਪ ਹਨੇਰਾ (ਬਣਿਆ) ਰਹਿੰਦਾ ਹੈ । ਮਨੁੱਖ ਮੁੜ ਮੁੜ ਅਨੇਕਾਂ ਵਾਰੀ (ਮੋਹ ਦੇ ਸਮੁੰਦਰ ਵਿਚ) ਡੁੱਬਦਾ ਹੈ । ਜਦੋਂ ਮਨੁੱਖ ਗੁਰੂ ਨੂੰ ਮਿਲ ਪੈਂਦਾ ਹੈ, ਤਾਂ ਗੁਰੂ ਸਦਾ-ਥਿਰ ਹਰਿ-ਨਾਮ ਇਸ ਦੇ ਹਿਰਦੇ ਵਿਚ ਪੱਕਾ ਕਰ ਦੇਂਦਾ ਹੈ । (ਤਾਂ ਫਿਰ) ਸਦਾ ਕਾਇਮ ਰਹਿਣ ਵਾਲੇ ਪਰਮਾਤਮਾ ਦਾ ਨਾਮ ਇਸ ਨੂੰ ਪਿਆਰਾ ਲੱਗਣ ਲੱਗ ਪੈਂਦਾ ਹੈ ।੮।

ਸਾਚਾ ਦਰੁ ਸਾਚਾ ਦਰਵਾਰਾ ॥ ਸਚੇ ਸੇਵਹਿ ਸਬਦਿ ਪਿਆਰਾ ॥ ਸਚੀ ਧੁਨਿ ਸਚੇ ਗੁਣ ਗਾਵਾ ਸਚੇ ਮਾਹਿ ਸਮਾਇਆ ॥੯॥ ਘਰੈ ਅੰਦਰਿ ਕੋ ਘਰੁ ਪਾਏ ॥ ਗੁਰ ਕੈ ਸਬਦੇ ਸਹਜਿ ਸੁਭਾਏ ॥ ਓਥੈ ਸੋਗੁ ਵਿਜੋਗੁ ਨ ਵਿਆਪੈ ਸਹਜੇ ਸਹਜਿ ਸਮਾਇਆ ॥੧੦॥ ਦੂਜੈ ਭਾਇ ਦੁਸਟਾ ਕਾ ਵਾਸਾ ॥ ਭਉਦੇ ਫਿਰਹਿ ਬਹੁ ਮੋਹ

ਪਿਆਸਾ ॥ ਕੁਸੰਗਤਿ ਬਹਹਿ ਸਦਾ ਦੁਖੁ ਪਾਵਹਿ ਦੁਖੋ ਦੁਖੁ ਕਮਾਇਆ ॥੧੧॥ ਸਤਿਗੁਰ ਬਾਝਹੁ ਸੰਗਤਿ ਨ ਹੋਈ ॥ ਬਿਨੁ ਸਬਦੇ ਪਾਰੁ ਨ ਪਾਏ ਕੋਈ ॥ ਸਹਜੇ ਗੁਣ ਰਵਹਿ ਦਿਨੁ ਰਾਤੀ ਜੋਤੀ ਜੋਤਿ ਮਿਲਾਇਆ ॥੧੨॥ {ਪੰਨਾ ੧੦੬੮}

ਪਦ ਅਰਥ :—ਸਾਚਾ—ਸਦਾ ਕਾਇਮ ਰਹਿਣ ਵਾਲਾ । ਦਰੁ—ਦਰਵਾਜ਼ਾ । ਦਰਵਾਰਾ—ਦਰਬਾਰ । ਸੇਵਹਿ—ਸੇਵਾ-ਭਗਤੀ ਕਰਦੇ ਹਨ । ਸੱਚੇ ਸੇਵਹਿ—ਸਦਾ-ਥਿਰ ਪ੍ਰਭੂ ਦੀ ਭਗਤੀ ਕਰਦੇ ਹਨ । ਸਬਦਿ ਪਿਆਰਾ—ਗੁਰੂ ਦੇ ਸ਼ਬਦ ਵਿਚ ਪਿਆਰ ਪਾ ਕੇ । ਧੁਨਿ—ਲਗਨ । ਗਾਵਾ—ਗਾਵਾਂ, ਮੈਂ ਭੀ ਗਾਵਾਂ ।੯।

ਘਰੈ ਅੰਦਰਿ—ਹਿਰਦੇ-ਘਰ ਦੇ ਅੰਦਰ ਹੀ । ਕੋ—ਕੋਈ ਵਿਰਲਾ । ਘਰੁ—ਪਰਮਾਤਮਾ ਦਾ ਟਿਕਾਣਾ । ਕੈ ਸਬਦਿ—ਦੇ ਸ਼ਬਦ ਦੀ ਰਾਹੀਂ । ਸਹਜਿ—ਆਤਮਕ ਅਡੋਲਤਾ ਵਿਚ । ਸੁਭਾਏ—ਸੁਭਾਇ, ਪਿਆਰ ਵਿਚ । ਓਥੈ—ਉਸ ਸਹਿਜ-ਅਵਸਥਾ ਵਿਚ । ਸੋਗੁ—ਗ਼ਮ । ਵਿਜੋਗੁ—ਵਿਛੋੜਾ । ਨ ਵਿਆਪੈ—ਜ਼ੋਰ ਨਹੀਂ ਪਾ ਸਕਦਾ । ਸਹਜੇ ਸਹਜਿ—ਹਰ ਵੇਲੇ ਸਹਿਜ ਵਿਚ ।੧੦।

ਦੂਜੈ ਭਾਇ—ਹੋਰ ਹੋਰ ਪਿਆਰ ਵਿਚ । ਦੁਸਟ—ਕੁਕਰਮੀ ਬੰਦੇ । ਪਿਆਸਾ—ਤ੍ਰਿਸ਼ਨਾ । ਕੁਸੰਗਤਿ—ਭੈੜੀ ਸੁਹਬਤ ਵਿਚ । ਬਹਹਿ—ਬੈਠਦੇ ਹਨ {ਬਹੁ-ਵਚਨ} । ਦੁਖੋ ਦੁਖੁ—ਹਰ ਵੇਲੇ ਦੁੱਖ ।੧੧।

ਬਾਝਹੁ—ਬਿਨਾ । ਸੰਗਤਿ—ਭਲੀ ਸੁਹਬਤ । ਪਾਰੁ—ਵਿਕਾਰਾਂ ਤੋਂ ਪਾਰਲਾ ਬੰਨਾ । ਸਹਜੇ—ਆਤਮਕ ਅਡੋਲਤਾ ਵਿਚ । ਰਵਹਿ—ਗਾਂਦੇ ਹਨ, ਸਿਮਰਦੇ ਹਨ {ਬਹੁ-ਵਚਨ} । ਜੋਤੀ—ਪਰਮਾਤਮਾ ਦੀ ਜੋਤਿ ਵਿਚ ।੧੨।

ਅਰਥ :—ਹੇ ਭਾਈ! ਪਰਮਾਤਮਾ ਦਾ ਦਰ ਸਦਾ ਕਾਇਮ ਰਹਿਣ ਵਾਲਾ ਹੈ, ਉਸ ਦਾ ਦਰਬਾਰ ਭੀ ਸਦਾ-ਥਿਰ ਹੈ । ਜਿਹੜੇ ਮਨੁੱਖ ਗੁਰੂ ਦੇ ਸ਼ਬਦ ਵਿਚ ਪਿਆਰ ਪਾਂਦੇ ਹਨ ਉਹ ਹੀ ਉਸ ਸਦਾ-ਥਿਰ ਪਰਮਾਤਮਾ ਦੀ ਸੇਵਾ-ਭਗਤੀ ਕਰਦੇ ਹਨ । (ਜੇ ਮੇਰੇ ਉਤੇ ਉਸ ਦੀ ਮਿਹਰ ਹੋਵੇ ਤਾਂ) ਮੈਂ (ਭੀ) ਟਿਕਵੀਂ ਲਗਨ ਨਾਲ ਉਸ ਸਦਾ-ਥਿਰ ਪ੍ਰਭੂ ਦੇ ਗੁਣ ਗਾਂਦਾ ਰਹਾਂ । (ਜਿਹੜੇ ਮਨੁੱਖ ਗੁਣ ਗਾਂਦੇ ਹਨ ਉਹ) ਸਦਾ ਕਾਇਮ ਰਹਿਣ ਵਾਲੇ ਪਰਮਾਤਮਾ ਵਿਚ ਲੀਨ ਰਹਿੰਦੇ ਹਨ ।੯।

ਹੇ ਭਾਈ! ਜਿਹੜਾ ਕੋਈ ਮਨੁੱਖ ਗੁਰੂ ਦੇ ਸ਼ਬਦ ਦੀ ਬਰਕਤਿ ਨਾਲ ਆਪਣੇ ਹਿਰਦੇ-ਘਰ ਵਿਚ ਪਰਮਾਤਮਾ ਦਾ ਟਿਕਾਣਾ ਲੱਭ ਲੈਂਦਾ ਹੈ, ਉਹ ਆਤਮਕ ਅਡੋਲਤਾ ਵਿਚ ਪ੍ਰੇਮ ਵਿਚ ਟਿਕਿਆ ਰਹਿੰਦਾ ਹੈ । ਉਸ ਅਡੋਲ ਅਵਸਥਾ ਵਿਚ ਟਿਕਿਆਂ ਸੋਗ ਜ਼ੋਰ ਨਹੀਂ ਪਾ ਸਕਦਾ, (ਪ੍ਰਭੂ-ਚਰਨਾਂ ਤੋਂ) ਵਿਛੋੜਾ ਜ਼ੋਰ ਨਹੀਂ ਪਾ ਸਕਦਾ । ਉਹ ਮਨੁੱਖ ਸਦਾ ਹੀ ਆਤਮਕ ਅਡੋਲਤਾ ਵਿਚ ਲੀਨ ਰਹਿੰਦਾ ਹੈ ।੧੦।

ਹੇ ਭਾਈ! ਕੁਕਰਮੀ ਬੰਦੇ (ਪ੍ਰਭੂ ਨੂੰ ਭੁਲਾ ਕੇ) ਹੋਰ ਹੋਰ ਪਿਆਰ ਵਿਚ ਮਨ ਨੂੰ ਜੋੜੀ ਰੱਖਦੇ ਹਨ, ਬੜੇ ਮੋਹ ਬੜੀ ਤ੍ਰਿਸ਼ਨਾ ਦੇ ਕਾਰਨ ਉਹ ਭਟਕਦੇ ਫਿਰਦੇ ਹਨ । (ਕੁਕਰਮੀ ਬੰਦੇ) ਸਦਾ ਭੈੜੀ ਸੁਹਬਤ ਵਿਚ ਬੈਠਦੇ ਹਨ ਤੇ ਦੁੱਖ ਪਾਂਦੇ ਹਨ । ਉਹ ਸਦਾ ਉਹੀ ਕਰਮ ਕਮਾਂਦੇ ਹਨ ਜਿਨ੍ਹਾਂ ਵਿਚੋਂ ਨਿਰਾ ਦੁੱਖ ਹੀ ਦੁੱਖ ਨਿਕਲੇ ।੧੧।

ਹੇ ਭਾਈ! ਗੁਰੂ ਦੀ ਸਰਨ ਤੋਂ ਬਿਨਾ ਭਲੀ ਸੁਹਬਤ ਨਹੀਂ ਮਿਲ ਸਕਦੀ । ਗੁਰੂ ਦੇ ਸ਼ਬਦ ਤੋਂ ਬਿਨਾ ਕੋਈ ਮਨੁੱਖ ਕੁਕਰਮਾਂ (ਦੀ ਨਦੀ) ਦਾ ਪਾਰਲਾ ਬੰਨਾ ਨਹੀਂ ਲੱਭ ਸਕਦਾ । ਜਿਹੜੇ ਮਨੁੱਖ ਦਿਨ ਰਾਤ ਆਤਮਕ ਅਡੋਲਤਾ ਵਿਚ ਟਿਕ ਕੇ ਪਰਮਾਤਮਾ ਦੇ ਗੁਣ ਗਾਂਦੇ ਰਹਿੰਦੇ ਹਨ, ਉਹਨਾਂ ਦੀ ਜਿੰਦ ਪਰਮਾਤਮਾ ਦੀ ਜੋਤਿ ਵਿਚ ਲੀਨ ਰਹਿੰਦੀ ਹੈ ।੧੨।

ਕਾਇਆ ਬਿਰਖੁ ਪੰਖੀ ਵਿਚਿ ਵਾਸਾ ॥ ਅੰਮ੍ਰਿਤੁ ਚੁਗਹਿ ਗੁਰ ਸਬਦਿ ਨਿਵਾਸਾ ॥ ਉਡਹਿ ਨ ਮੂਲੇ ਨ ਆਵਹਿ ਨ ਜਾਹੀ ਨਿਜ ਘਰਿ ਵਾਸਾ ਪਾਇਆ ॥੧੩॥ ਕਾਇਆ ਸੋਧਹਿ ਸਬਦੁ ਵੀਚਾਰਹਿ ॥ ਮੋਹ ਠਗਉਰੀ ਭਰਮੁ ਨਿਵਾਰਹਿ ॥ ਆਪੇ ਕ੍ਰਿਪਾ ਕਰੇ ਸੁਖਦਾਤਾ ਆਪੇ ਮੇਲਿ ਮਿਲਾਇਆ ॥੧੪॥ ਸਦ ਹੀ ਨੇੜੈ ਦੂਰਿ ਨ ਜਾਣਹੁ ॥ ਗੁਰ ਕੈ ਸਬਦਿ ਨਜੀਕਿ ਪਛਾਣਹੁ ॥ ਬਿਗਸੈ ਕਮਲੁ ਕਿਰਣਿ ਪਰਗਾਸੈ ਪਰਗਟੁ ਕਰਿ ਦੇਖਾਇਆ ॥੧੫॥ ਆਪੇ ਕਰਤਾ ਸਚਾ ਸੋਈ ॥ ਆਪੇ ਮਾਰਿ ਜੀਵਾਲੇ ਅਵਰੁ ਨ ਕੋਈ ॥ ਨਾਨਕ ਨਾਮੁ ਮਿਲੈ ਵਡਿਆਈ ਆਪੁ ਗਵਾਇ ਸੁਖੁ ਪਾਇਆ ॥੧੬॥੨॥੨੪॥ {ਪੰਨਾ ੧੦੬੮-੧੦੬੯}

ਪਦ ਅਰਥ :—ਕਾਇਆ—ਸਰੀਰ । ਬਿਰਖੁ—ਰੁੱਖ । ਪੰਖੀ—ਪੰਛੀ । ਅੰਮ੍ਰਿਤੁ—ਆਤਮਕ ਜੀਵਨ ਦੇਣ ਵਾਲੀ ਨਾਮ-ਚੋਗ । ਚੁਗਹਿ—ਚੁਗਦੇ ਹਨ । ਸਬਦਿ—ਸ਼ਬਦ ਵਿਚ । ਉਡਹਿ ਨ—ਬਾਹਰ ਨਹੀਂ ਭਟਕਦੇ । ਨ ਮੂਲੇ—ਬਿਲਕੁਲ ਨਹੀਂ । ਨ ਜਾਹੀ—ਨ ਜਾਹਿ, ਨਾਹ ਜਾਂਦੇ ਹਨ, ਨਾਹ ਮਰਦੇ ਹਨ । ਨਿਜ ਘਰਿ—ਆਪਣੇ (ਅਸਲ) ਘਰ ਵਿਚ, ਪ੍ਰਭੂ ਦੇ ਚਰਨਾਂ ਵਿਚ ।੧੩।

ਸੋਧਹਿ—ਸੋਧਦੇ ਹਨ, ਪੜਤਾਲ ਕਰਦੇ ਹਨ । ਠਗਉਰੀ—ਠਗ-ਮੂਰੀ, ਠਗ-ਬੂਟੀ, ਉਹ ਬੂਟੀ ਜਿਸ ਨਾਲ ਠਗ ਲੋਕ ਮੁਸਾਫ਼ਿਰਾਂ ਨੂੰ ਠੱਗਦੇ ਹਨ (ਧਤੂਰਾ ਆਦਿਕ) । ਭਰਮੁ—ਭਟਕਣਾ । ਨਿਵਾਰਹਿ—ਦੂਰ ਕਰਦੇ ਹਨ । ਆਪੇ ਸੁਖਦਾਤਾ—ਸੁਖਾਂ ਦਾ ਦਾਤਾ ਆਪ ਪ੍ਰਭੂ ।੧੪।

ਸਦ—ਸਦਾ । ਗੁਰ ਕੈ ਸਬਦਿ—ਗੁਰੂ ਦੇ ਸ਼ਬਦ ਦੀ ਰਾਹੀਂ । ਨਜੀਕਿ—ਨਜ਼ਦੀਕ, ਨੇੜੇ । ਬਿਗਸੈ—ਖਿੜ ਪੈਂਦਾ ਹੈ । ਕਮਲੁ—(ਹਿਰਦਾ-) ਕੌਲ ਫੁੱਲ । ਪਰਗਾਸੈ—ਚਾਨਣ ਕਰਦੀ ਹੈ, ਚਮਕ ਪੈਂਦੀ ਹੈ । ਪਰਗਟੁ—ਪਰਤੱਖ । ਕਰਿ—ਕਰ ਕੇ ।੧੫।

ਕਰਤਾ—ਕਰਤਾਰ । ਸਚਾ—ਸਦਾ ਕਾਇਮ ਰਹਿਣ ਵਾਲਾ । ਮਾਰਿ—ਮਾਰ ਕੇ । ਅਵਰੁ—ਹੋਰ । ਆਪੁ—ਆਪਾ-ਭਾਵ । ਗਵਾਇ—ਦੂਰ ਕਰ ਕੇ ।੧੬।

ਅਰਥ :—ਹੇ ਭਾਈ! (ਜਿਵੇਂ ਰਾਤ-ਬਸੇਰੇ ਲਈ ਪੰਛੀ ਕਿਸੇ ਰੁੱਖ ਉਤੇ ਆ ਟਿਕਦੇ ਹਨ, ਇਸੇ ਤਰ੍ਹਾਂ ਇਹ) ਸਰੀਰ (ਮਾਨੋ) ਰੁੱਖ ਹੈ, (ਇਸ ਸਰੀਰ) ਵਿਚ (ਜੀਵ) ਪੰਛੀ ਦਾ ਨਿਵਾਸ ਹੈ । ਜਿਹੜੇ ਜੀਵ-ਪੰਛੀ ਗੁਰੂ ਦੇ ਸ਼ਬਦ ਵਿਚ ਟਿਕ ਕੇ ਆਤਮਕ ਜੀਵਨ ਦੇਣ ਵਾਲੀ ਨਾਮ-ਚੋਗ ਚੁਗਦੇ ਹਨ, ਉਹ ਬਿਲਕੁਲ ਬਾਹਰ ਨਹੀਂ ਭਟਕਦੇ, ਉਹ ਜਨਮ ਮਰਨ ਦੇ ਗੇੜ ਵਿਚ ਨਹੀਂ ਆਉਂਦੇ, ਉਹ ਸਦਾ ਪ੍ਰਭੂ-ਚਰਨਾਂ ਵਿਚ ਨਿਵਾਸ ਰੱਖਦੇ ਹਨ ।੧੩।

ਹੇ ਭਾਈ! ਜਿਹੜੇ ਮਨੁੱਖ (ਆਪਣੇ) ਸਰੀਰ ਦੀ ਪੜਤਾਲ ਕਰਦੇ ਰਹਿੰਦੇ ਹਨ, ਗੁਰੂ ਦੇ ਸ਼ਬਦ ਨੂੰ ਹਿਰਦੇ ਵਿਚ ਵਸਾਈ ਰੱਖਦੇ ਹਨ, ਉਹ ਮਨੁੱਖ ਮੋਹ ਦੀ ਠੱਗ-ਬੂਟੀ ਨਹੀਂ ਖਾਂਦੇ, ਉਹ ਮਨੁੱਖ (ਆਪਣੇ ਅੰਦਰੋਂ) ਭਟਕਣਾ ਦੂਰ ਕਰ ਲੈਂਦੇ ਹਨ । ਪਰ, ਹੇ ਭਾਈ! (ਇਹ) ਕਿਰਪਾ ਸੁਖਾਂ ਦਾ ਦੇਣ ਵਾਲਾ ਪਰਮਾਤਮਾ ਆਪ ਹੀ ਕਰਦਾ ਹੈ, ਉਹ ਆਪ ਹੀ (ਉਹਨਾਂ ਨੂੰ ਗੁਰੂ ਨਾਲ) ਮਿਲਾ ਕੇ (ਆਪਣੇ ਚਰਨਾਂ ਵਿਚ) ਜੋੜਦਾ ਹੈ ।੧੪।

ਹੇ ਭਾਈ! ਪਰਮਾਤਮਾ ਸਦਾ ਹੀ (ਸਾਡੇ) ਨੇੜੇ ਰਹਿੰਦਾ ਹੈ, ਉਸ ਨੂੰ (ਕਦੇ ਭੀ ਆਪਣੇ ਤੋਂ) ਦੂਰ ਨਾਹ ਸਮਝੋ । ਗੁਰੂ ਦੇ ਸ਼ਬਦ ਵਿਚ ਜੁੜ ਕੇ ਉਸ ਨੂੰ ਆਪਣੇ ਅੰਗ-ਸੰਗ ਵੱਸਦਾ ਵੇਖੋ । ਹੇ ਭਾਈ! (ਜਿਹੜਾ ਮਨੁੱਖ ਪਰਮਾਤਮਾ ਨੂੰ ਆਪਣੇ ਨਾਲ ਵੱਸਦਾ ਵੇਖਦਾ ਹੈ ਉਸ ਦਾ ਹਿਰਦਾ-) ਕੌਲ-ਫੁੱਲ ਖਿੜਿਆ ਰਹਿੰਦਾ ਹੈ, (ਉਸ ਦੇ ਅੰਦਰ ਰੱਬੀ ਜੋਤਿ ਦੀ) ਕਿਰਨ (ਆਤਮਕ ਜੀਵਨ ਦਾ) ਚਾਨਣ ਕਰ ਦੇਂਦੀ ਹੈ । (ਗੁਰੂ ਉਸ ਮਨੁੱਖ ਨੂੰ ਪਰਮਾਤਮਾ) ਪਰਤੱਖ ਕਰ ਕੇ ਵਿਖਾ ਦੇਂਦਾ ਹੈ ।੧੫।

ਹੇ ਨਾਨਕ! ਉਹ ਕਰਤਾਰ ਆਪ ਹੀ ਸਦਾ ਕਾਇਮ ਰਹਿਣ ਵਾਲਾ ਹੈ, ਉਹ ਆਪ ਹੀ ਮਾਰ ਕੇ ਜਿਵਾਲਦਾ ਹੈ (ਭਾਵ, ਮਾਰਦਾ ਭੀ ਆਪ ਹੀ ਹੈ, ਪੈਦਾ ਭੀ ਕਰਦਾ ਆਪ ਹੀ ਹੈ) । ਉਸ ਤੋਂ ਬਿਨਾ ਕੋਈ ਹੋਰ ਇਸ ਸਮਰਥਾ ਵਾਲਾ ਨਹੀਂ ਹੈ । ਹੇ ਭਾਈ! ਜਿਸ ਮਨੁੱਖ ਨੂੰ ਪਰਮਾਤਮਾ ਦਾ ਨਾਮ ਮਿਲ ਜਾਂਦਾ ਹੈ ਉਸ ਨੂੰ (ਲੋਕ ਪਰਲੋਕ ਦੀ) ਸੋਭਾ ਮਿਲ ਜਾਂਦੀ ਹੈ । ਉਹ ਮਨੁੱਖ (ਆਪਣੇ ਅੰਦਰੋਂ) ਆਪਾ-ਭਾਵ ਦੂਰ ਕਰ ਕੇ ਆਤਮਕ ਆਨੰਦ ਮਾਣਦਾ ਰਹਿੰਦਾ ਹੈ ।੧੬।੨।੨੪।

ਮਾਰੂ ਸੋਲਹੇ ਮਹਲਾ ੪

ੴ ਸਤਿਗੁਰ ਪ੍ਰਸਾਦਿ ॥ ਸਚਾ ਆਪਿ ਸਵਾਰਣਹਾਰਾ ॥ ਅਵਰ ਨ ਸੂਝਸਿ ਬੀਜੀ ਕਾਰਾ ॥ ਗੁਰਮੁਖਿ ਸਚੁ ਵਸੈ ਘਟ ਅੰਤਰਿ ਸਹਜੇ ਸਚਿ ਸਮਾਈ ਹੇ ॥੧॥ ਸਭਨਾ ਸਚੁ ਵਸੈ ਮਨ ਮਾਹੀ ॥ ਗੁਰ ਪਰਸਾਦੀ ਸਹਜਿ ਸਮਾਹੀ ॥ ਗੁਰੁ ਗੁਰੁ ਕਰਤ ਸਦਾ ਸੁਖੁ ਪਾਇਆ ਗੁਰ ਚਰਣੀ ਚਿਤੁ ਲਾਈ ਹੇ ॥੨॥ ਸਤਿਗੁਰੁ ਹੈ ਗਿਆਨੁ ਸਤਿਗੁਰੁ ਹੈ ਪੂਜਾ ॥ ਸਤਿਗੁਰੁ ਸੇਵੀ ਅਵਰੁ ਨ ਦੂਜਾ ॥ ਸਤਿਗੁਰ ਤੇ ਨਾਮੁ ਰਤਨ ਧਨੁ ਪਾਇਆ ਸਤਿਗੁਰ ਕੀ ਸੇਵਾ ਭਾਈ ਹੇ ॥੩॥ ਬਿਨੁ ਸਤਿਗੁਰ ਜੋ ਦੂਜੈ ਲਾਗੇ ॥ ਆਵਹਿ ਜਾਹਿ ਭ੍ਰਮਿ ਮਰਹਿ ਅਭਾਗੇ ॥ ਨਾਨਕ ਤਿਨ ਕੀ ਫਿਰਿ ਗਤਿ ਹੋਵੈ ਜਿ ਗੁਰਮੁਖਿ ਰਹਹਿ ਸਰਣਾਈ ਹੇ ॥੪॥ {ਪੰਨਾ ੧੦੬੯}

ਪਦ ਅਰਥ :—ਸਚਾ—ਸੱਚਾ, ਸਦਾ ਕਾਇਮ ਰਹਿਣ ਵਾਲਾ ਪਰਮਾਤਮਾ । ਸਵਾਰਣਹਾਰਾ—ਜੀਵਨ ਸੋਹਣਾ ਬਣਾਣ ਦੀ ਸਮਰਥਾ ਵਾਲਾ । ਬੀਜੀ—ਦੂਜੀ । ਕਾਰਾ—ਕਾਰ, ਕੰਮ । ਗੁਰਮੁਖਿ—ਗੁਰੂ ਦੇ ਸਨਮੁਖ ਰਹਿਣ ਵਾਲਾ ਮਨੁੱਖ । ਘਟ ਅੰਤਰਿ—ਹਿਰਦੇ ਵਿਚ । ਸਹਜੇ—ਆਤਮਕ ਅਡੋਲਤਾ ਦੀ ਰਾਹੀਂ । ਸਚਿ—ਸਦਾ-ਥਿਰ ਪ੍ਰਭੂ ।੧।

ਮਾਹੀ—ਮਾਹਿ, ਵਿਚ । ਪਰਸਾਦੀ—ਪਰਸਾਦਿ, ਕਿਰਪਾ ਨਾਲ । ਸਹਜਿ—ਆਤਮਕ ਅਡੋਲਤਾ ਦੀ ਰਾਹੀਂ । ਕਰਤ—ਕਰਦਿਆਂ ।੨।

ਗਿਆਨੁ—ਆਤਮਕ ਜੀਵਨ ਦੀ ਸੂਝ । ਸੇਵੀ—ਸੇਵੀਂ, ਮੈਂ ਸੇਵਾ ਕਰਦਾ ਹਾਂ । ਤੇ—ਤੋਂ । ਭਾਈ—ਚੰਗੀ ਲੱਗੀ ਹੈ ।੩।

ਦੂਜੈ—ਹੋਰ ਵਿਚ, ਮਾਇਆ ਵਿਚ । ਭ੍ਰਮਿ—ਭਟਕ ਭਟਕ ਕੇ । ਅਭਾਗੇ—ਮੰਦ-ਭਾਗੀ ਬੰਦੇ । ਨਾਨਕ—ਹੇ ਨਾਨਕ! ਗਤਿ—ਉੱਚੀ ਆਤਮਕ ਅਵਸਥਾ । ਜਿ—ਜਿਹੜੇ ।੪।

ਅਰਥ :—ਹੇ ਭਾਈ! ਜਿਹੜਾ ਮਨੁੱਖ ਗੁਰੂ ਦੀ ਸਰਨ ਪੈਂਦਾ ਹੈ, ਉਸ ਦੇ ਹਿਰਦੇ ਵਿਚ ਸਦਾ ਕਾਇਮ ਰਹਿਣ ਵਾਲਾ ਪਰਮਾਤਮਾ ਆ ਵੱਸਦਾ ਹੈ, ਉਹ ਆਤਮਕ ਅਡੋਲਤਾ ਵਿਚ ਟਿਕਿਆ ਰਹਿੰਦਾ ਹੈ, ਉਹ ਸਦਾ-ਥਿਰ ਪ੍ਰਭੂ ਵਿਚ ਲੀਨ ਰਹਿੰਦਾ ਹੈ । ਉਸ ਨੂੰ (ਪ੍ਰਭੂ ਦੀ ਯਾਦ ਤੋਂ ਬਿਨਾ) ਹੋਰ ਕੋਈ ਦੂਜੀ ਕਾਰ ਨਹੀਂ ਸੁੱਝਦੀ । ਪਰ, ਹੇ ਭਾਈ! ਸਦਾ ਕਾਇਮ ਰਹਿਣ ਵਾਲਾ ਪਰਮਾਤਮਾ ਆਪ ਹੀ ਉਸ ਦਾ ਜੀਵਨ ਸੋਹਣਾ ਬਣਾਣ ਦੀ ਸਮਰਥਾ ਰੱਖਦਾ ਹੈ ।੧।

ਹੇ ਭਾਈ! (ਉਂਞ ਤਾਂ) ਸਦਾ-ਥਿਰ ਪ੍ਰਭੂ ਸਭ ਜੀਵਾਂ ਦੇ ਮਨ ਵਿਚ ਵੱਸਦਾ ਹੈ, ਪਰ ਗੁਰੂ ਦੀ ਕਿਰਪਾ ਦੀ ਰਾਹੀਂ ਹੀ (ਜੀਵ) ਆਤਮਕ ਅਡੋਲਤਾ ਵਿਚ (ਟਿਕ ਕੇ ਪ੍ਰਭੂ ਵਿਚ) ਲੀਨ ਹੁੰਦੇ ਹਨ । ਗੁਰੂ ਨੂੰ ਹਰ ਵੇਲੇ ਯਾਦ ਕਰਦਿਆਂ ਮਨੁੱਖ ਆਤਮਕ ਆਨੰਦ ਮਾਣਦਾ ਹੈ, ਗੁਰੂ ਦੇ ਚਰਨਾਂ ਵਿਚ ਚਿੱਤ ਜੋੜੀ ਰੱਖਦਾ ਹੈ ।੨।

ਹੇ ਭਾਈ! ਗੁਰੂ ਆਤਮਕ ਜੀਵਨ ਦੀ ਸੂਝ (ਦੇਣ ਵਾਲਾ) ਹੈ, ਗੁਰੂ (ਪਰਮਾਤਮਾ ਦੀ) ਭਗਤੀ (ਸਿਖਾਣ ਵਾਲਾ) ਹੈ । ਮੈਂ ਤਾਂ ਗੁਰੂ ਦੀ ਹੀ ਸਰਨ ਪੈਂਦਾ ਹਾਂ, ਕੋਈ ਹੋਰ ਦੂਜਾ (ਮੈਂ ਆਪਣੇ ਮਨ ਵਿਚ) ਨਹੀਂ (ਲਿਆਉਂਦਾ) । ਮੈਂ ਗੁਰੂ ਪਾਸੋਂ ਸ੍ਰੇਸ਼ਟ ਨਾਮ-ਧਨ ਲੱਭਾ ਹੈ, ਮੈਨੂੰ ਗੁਰੂ ਦੀ (ਦੱਸੀ) ਸੇਵਾ ਹੀ ਪਿਆਰੀ ਲੱਗਦੀ ਹੈ ।੩।

ਹੇ ਭਾਈ! ਜਿਹੜੇ ਮਨੁੱਖ ਗੁਰੂ ਨੂੰ ਛੱਡ ਕੇ ਹੋਰ ਪਾਸੇ ਲੱਗਦੇ ਹਨ, ਉਹ ਮੰਦ-ਭਾਗੀ ਮਨੁੱਖ ਭਟਕਣਾ ਵਿਚ ਪੈ ਕੇ ਆਤਮਕ ਮੌਤ ਸਹੇੜਦੇ ਹਨ, ਉਹ ਜਨਮ ਮਰਨ ਦੇ ਗੇੜ ਵਿਚ ਪਏ ਰਹਿੰਦੇ ਹਨ । ਹੇ ਨਾਨਕ! (ਆਖ—) ਉਹਨਾਂ ਮਨੁੱਖਾਂ ਦੀ ਹੀ ਫਿਰ ਉੱਚੀ ਆਤਮਕ ਅਵਸਥਾ ਬਣਦੀ ਹੈ ਜਿਹੜੇ ਗੁਰੂ ਦੀ ਸਰਨ ਪੈਂਦੇ ਹਨ ।੪।

ਗੁਰਮੁਖਿ ਪ੍ਰੀਤਿ ਸਦਾ ਹੈ ਸਾਚੀ ॥ ਸਤਿਗੁਰ ਤੇ ਮਾਗਉ ਨਾਮੁ ਅਜਾਚੀ ॥ ਹੋਹੁ ਦਇਆਲੁ ਕ੍ਰਿਪਾ ਕਰਿ ਹਰਿ ਜੀਉ ਰਖਿ ਲੇਵਹੁ ਗੁਰ ਸਰਣਾਈ ਹੇ ॥੫॥ ਅੰਮ੍ਰਿਤ ਰਸੁ ਸਤਿਗੁਰੂ ਚੁਆਇਆ ॥ ਦਸਵੈ ਦੁਆਰਿ ਪ੍ਰਗਟੁ ਹੋਇ ਆਇਆ ॥ ਤਹ ਅਨਹਦ ਸਬਦ ਵਜਹਿ ਧੁਨਿ ਬਾਣੀ ਸਹਜੇ ਸਹਜਿ ਸਮਾਈ ਹੇ ॥੬॥ ਜਿਨ ਕਉ ਕਰਤੈ ਧੁਰਿ ਲਿਖਿ ਪਾਈ ॥ ਅਨਦਿਨੁ ਗੁਰੁ ਗੁਰੁ ਕਰਤ ਵਿਹਾਈ ॥ ਬਿਨੁ ਸਤਿਗੁਰ ਕੋ ਸੀਝੈ ਨਾਹੀ ਗੁਰ ਚਰਣੀ ਚਿਤੁ ਲਾਈ ਹੇ ॥੭॥ ਜਿਸੁ ਭਾਵੈ ਤਿਸੁ ਆਪੇ ਦੇਇ ॥ ਗੁਰਮੁਖਿ ਨਾਮੁ ਪਦਾਰਥੁ ਲੇਇ ॥ ਆਪੇ ਕ੍ਰਿਪਾ ਕਰੇ ਨਾਮੁ ਦੇਵੈ ਨਾਨਕ ਨਾਮਿ ਸਮਾਈ ਹੇ ॥੮॥ {ਪੰਨਾ ੧੦੬੯}

ਪਦ ਅਰਥ :—ਗੁਰਮੁਖਿ—ਗੁਰੂ ਦੇ ਸਨਮੁਖ ਰਹਿਣ ਵਾਲਾ ਮਨੁੱਖ । ਸਾਚੀ—ਸਦਾ ਟਿਕੀ ਰਹਿਣ ਵਾਲੀ । ਤੇ—ਤੋਂ, ਪਾਸੋਂ । ਮਾਗਉ—ਮਾਗਉਂ, ਮੈਂ

ਮੰਗਦਾ ਹਾਂ । ਅਚਾਜੀ—ਜਿਹੜਾ ਜਾਚਿਆ ਨਾਹ ਜਾ ਸਕੇ, ਜਿਸ ਦੀ ਕੀਮਤਿ ਦਾ ਅੰਦਾਜ਼ਾ ਨਾਹ ਲੱਗ ਸਕੇ, ਅਮੋਲਕ ।੫।

ਅੰਮ੍ਰਿਤ ਰਸੁ—ਆਤਮਕ ਜੀਵਨ ਦੇਣ ਵਾਲਾ ਨਾਮ-ਰਸ । ਚੁਆਇਆ—ਨਾਮ-ਰਸ ਪੈਦਾ ਕਰਨ ਵਿਚ ਸਹਾਇਤਾ ਕੀਤੀ । ਦਸਵੈ ਦੁਆਰਿ—ਦਸਵੇਂ ਦੁਆਰ ਵਿਚ, ਦਿਮਾਗ਼ ਵਿਚ, ਸੋਚ-ਮੰਡਲ ਵਿਚ । ਤਹ—ਉਸ ਆਤਮਕ ਅਵਸਥਾ ਵਿਚ । ਅਨਹਦ—ਬਿਨਾ ਵਜਾਏ ਵੱਜਣ ਵਾਲੇ । ਸਬਦ ਵਜਹਿ—ਸ਼ਬਦ ਵੱਜਦੇ ਹਨ, ਪੰਜ ਸ਼ਬਦ ਵੱਜਦੇ ਹਨ, ਪੰਜ ਕਿਸਮਾਂ ਦੇ ਸਾਜ਼ ਵਜਦੇ ਹਨ । ਧੁਨਿ—ਸੁਰ, ਆਤਮਕ ਸੁਰ, ਆਤਮਕ ਆਨੰਦ । ਧੁਨਿ ਬਾਣੀ—ਸਿਫ਼ਤਿ-ਸਾਲਾਹ ਦੀ ਬਾਣੀ ਤੋਂ ਪੈਦਾ ਹੋਇਆ ਆਤਮਕ ਆਨੰਦ । ਸਹਜੇ ਸਹਜਿ—ਹਰ ਵੇਲੇ ਆਤਮਕ ਅਡੋਲਤਾ ਵਿਚ ।੬।

ਕਰਤੈ—ਕਰਤਾਰ ਨੇ । ਧੁਰਿ—ਧੁਰ ਤੋਂ । ਲਿਖਿ—(ਕੀਤੇ ਕਰਮਾਂ ਅਨੁਸਾਰ) ਲਿਖ ਕੇ । ਅਨਦਿਨੁ—ਹਰ ਰੋਜ਼, ਹਰ ਵੇਲੇ । ਕਰਤ—ਕਰਦਿਆਂ, ਯਾਦ ਕਰਦਿਆਂ । ਵਿਹਾਈ (ਉਮਰ) ਬੀਤਦੀ ਹੈ । ਕੋ—ਕੋਈ ਮਨੁੱਖ । ਸੀਝੈ—ਕਾਮਯਾਬ ਹੁੰਦਾ । ਲਾਈ—ਲਾਇ ।੭।

ਜਿਸੁ ਭਾਵੈ—ਜੋ ਤਿਸੁ ਭਾਵੈ, ਜਿਹੜਾ ਮਨੁੱਖ ਉਸ ਨੂੰ ਚੰਗਾ ਲੱਗਦਾ ਹੈ । ਦੇਇ—ਦੇਂਦਾ ਹੈ । ਲੇਇ—ਲੈਂਦਾ ਹੈ । ਨਾਮਿ—ਨਾਮ ਵਿਚ । ਸਮਾਈ—ਲੀਨ ਰਹਿੰਦਾ ਹੈ ।੮।

ਅਰਥ :—ਹੇ ਭਾਈ! ਜਿਹੜਾ ਮਨੁੱਖ ਗੁਰੂ ਦੀ ਸਰਨ ਪੈਂਦਾ ਹੈ, ਉਸ ਦੀ ਪ੍ਰਭੂ ਨਾਲ ਪ੍ਰੀਤ ਪੱਕੀ ਹੁੰਦੀ ਹੈ । (ਉਹ ਹਰ ਵੇਲੇ ਇਉਂ ਅਰਦਾਸ ਕਰਦਾ ਰਹਿੰਦਾ ਹੈ—) ਮੈਂ ਗੁਰੂ ਪਾਸੋਂ (ਤੇਰਾ) ਅਮੋਲਕ ਨਾਮ ਮੰਗਦਾ ਹਾਂ । ਹੇ ਹਰੀ! ਦਇਆਵਾਨ ਹੋ, ਕਿਰਪਾ ਕਰ । ਮੈਨੂੰ ਸਦਾ ਗੁਰੂ ਦੀ ਸਰਨ ਵਿਚ ਰੱਖ ।੫।

ਹੇ ਭਾਈ! ਗੁਰੂ (ਜਿਸ ਮਨੁੱਖ ਦੇ ਹਿਰਦੇ ਵਿਚ) ਆਤਮਕ ਜੀਵਨ ਦੇਣ ਵਾਲਾ ਨਾਮ-ਰਸ ਪੈਦਾ ਕਰਦਾ ਹੈ, (ਪਰਮਾਤਮਾ) ਉਸ ਦੇ ਸੋਚ-ਮੰਡਲ ਵਿਚ ਪਰਗਟ ਹੋ ਜਾਂਦਾ ਹੈ । ਉਸ ਅਵਸਥਾ ਵਿਚ ਉਸ ਮਨੁੱਖ ਦੇ ਅੰਦਰ ਸਿਫ਼ਤਿ-ਸਾਲਾਹ ਦੀ ਬਾਣੀ ਦੀ ਰਾਹੀਂ (ਇਉਂ) ਆਤਮਕ ਆਨੰਦ ਪੈਦਾ ਹੁੰਦਾ ਹੈ (ਜਿਵੇਂ, ਮਾਨੋ, ਉਥੇ) ਪੰਜ ਕਿਸਮਾਂ ਦੇ ਸਾਜ਼ ਵੱਜ ਰਹੇ ਹਨ । ਉਹ ਮਨੁੱਖ ਹਰ ਵੇਲੇ ਆਤਮਕ ਅਡੋਲਤਾ ਵਿਚ ਲੀਨ ਰਹਿੰਦਾ ਹੈ ।੬।

ਪਰ, ਹੇ ਭਾਈ! (ਆਤਮਕ ਆਨੰਦ ਦੀ ਇਹ ਦਾਤਿ ਉਹਨਾਂ ਨੂੰ ਮਿਲਦੀ ਹੈ) ਜਿਨ੍ਹਾਂ ਦੇ ਭਾਗਾਂ ਵਿਚ ਕਰਤਾਰ ਨੇ ਧੁਰ ਦਰਗਾਹੋਂ ਲਿਖ ਕੇ ਰੱਖ ਦਿੱਤੀ ਹੈ । ਉਹਨਾਂ ਦੀ ਉਮਰ ਸਦਾ ਗੁਰੂ ਨੂੰ ਯਾਦ ਕਰਦਿਆਂ ਬੀਤਦੀ ਹੈ । ਹੇ ਭਾਈ! ਗੁਰੂ ਦੀ ਸਰਨ ਪੈਣ ਤੋਂ ਬਿਨਾ ਕੋਈ ਮਨੁੱਖ (ਜ਼ਿੰਦਗੀ ਵਿਚ) ਕਾਮਯਾਬ ਨਹੀਂ ਹੁੰਦਾ । ਤੂੰ ਸਦਾ ਗੁਰੂ ਦੇ ਚਰਨਾਂ ਵਿਚ ਆਪਣਾ ਚਿੱਤ ਜੋੜੀ ਰੱਖ ।੭।

ਹੇ ਭਾਈ! ਜਿਹੜਾ ਜੀਵ ਉਸ ਪਰਮਾਤਮਾ ਨੂੰ ਪਿਆਰਾ ਲੱਗਦਾ ਹੈ ਉਸ ਨੂੰ ਉਹ ਆਪ ਹੀ (ਨਾਮ ਦੀ ਦਾਤਿ) ਦੇਂਦਾ ਹੈ । ਉਹ ਮਨੁੱਖ ਗੁਰੂ ਦੀ ਰਾਹੀਂ ਇਹ ਕੀਮਤੀ ਨਾਮ ਹਾਸਲ ਕਰਦਾ ਹੈ । ਹੇ ਨਾਨਕ! (ਆਖ—) ਜਿਸ ਉਤੇ ਉਹ ਪ੍ਰਭੂ ਕਿਰਪਾ ਕਰਦਾ ਹੈ ਉਸ ਨੂੰ ਆਪਣਾ ਨਾਮ ਦੇਂਦਾ ਹੈ । ਉਹ ਮਨੁੱਖ ਨਾਮ ਵਿਚ ਲੀਨ ਰਹਿੰਦਾ ਹੈ ।੮।

ਗਿਆਨ ਰਤਨੁ ਮਨਿ ਪਰਗਟੁ ਭਇਆ ॥ ਨਾਮੁ ਪਦਾਰਥੁ ਸਹਜੇ ਲਹਿਆ ॥ ਏਹ ਵਡਿਆਈ ਗੁਰ ਤੇ ਪਾਈ ਸਤਿਗੁਰ ਕਉ ਸਦ ਬਲਿ ਜਾਈ ਹੇ ॥੯॥ ਪ੍ਰਗਟਿਆ ਸੂਰੁ ਨਿਸਿ ਮਿਟਿਆ ਅੰਧਿਆਰਾ ॥ ਅਗਿਆਨੁ ਮਿਟਿਆ ਗੁਰ ਰਤਨਿ ਅਪਾਰਾ ॥ ਸਤਿਗੁਰ ਗਿਆਨੁ ਰਤਨੁ ਅਤਿ ਭਾਰੀ ਕਰਮਿ ਮਿਲੈ ਸੁਖੁ ਪਾਈ ਹੇ ॥੧੦॥ ਗੁਰਮੁਖਿ ਨਾਮੁ ਪ੍ਰਗਟੀ ਹੈ ਸੋਇ ॥ ਚਹੁ ਜੁਗਿ ਨਿਰਮਲੁ ਹਛਾ ਲੋਇ ॥ ਨਾਮੇ ਨਾਮਿ ਰਤੇ ਸੁਖੁ ਪਾਇਆ ਨਾਮਿ ਰਹਿਆ ਲਿਵ ਲਾਈ ਹੇ ॥੧੧॥ ਗੁਰਮੁਖਿ ਨਾਮੁ ਪਰਾਪਤਿ ਹੋਵੈ ॥ ਸਹਜੇ ਜਾਗੈ ਸਹਜੇ ਸੋਵੈ ॥ ਗੁਰਮੁਖਿ ਨਾਮਿ ਸਮਾਇ ਸਮਾਵੈ ਨਾਨਕ ਨਾਮੁ ਧਿਆਈ ਹੇ ॥੧੨॥ {ਪੰਨਾ ੧੦੬੯}

ਪਦ ਅਰਥ :—ਗਿਆਨ—ਆਤਮਕ ਜੀਵਨ ਦੀ ਸੂਝ । ਮਨਿ—ਮਨ ਵਿਚ । ਸਹਜੇ—ਆਤਮਕ ਅਡੋਲਤਾ ਵਿਚ । ਗੁਰ ਤੇ—ਗੁਰੂ ਪਾਸੋਂ । ਸਦ—ਸਦਾ । ਬਲਿ ਜਾਈ—ਬਲਿ ਜਾਈਂ, ਮੈਂ ਸਦਕੇ ਜਾਂਦਾ ਹਾਂ ।੯।

ਸੂਰੁ—ਸੂਰਜ । ਨਿਸਿ ਅੰਧਿਆਰਾ—ਰਾਤ ਦਾ ਹਨੇਰਾ । ਗੁਰ ਰਤਨਿ ਆਪਾਰਾ—ਗੁਰੂ ਦੇ ਬੇਅੰਤ ਕੀਮਤੀ (ਗਿਆਨ) ਰਤਨ ਨਾਲ । ਅਤਿ ਭਾਰੀ—ਬਹੁਤ ਹੀ ਕੀਮਤੀ । ਕਰਮਿ—ਮਿਹਰ ਨਾਲ । ਮਿਲੈ—ਮਿਲਦਾ ਹੈ {ਇਕ-ਵਚਨ} ।੧੦।

ਸੋਇ—ਸੋਭਾ । ਪ੍ਰਗਟਿ—ਖਿੱਲਰੀ । ਚਹੁ ਜੁਗਿ—ਚਾਰ-ਜੁਗੀ ਸਮੇ ਵਿਚ, ਸਦਾ ਲਈ । ਲੋਇ—ਜਗਤ ਵਿਚ । ਨਾਮੇ ਨਾਮਿ—ਨਾਮਿ ਹੀ ਨਾਮਿ, ਹਰ ਵੇਲੇ ਨਾਮ ਵਿਚ । ਰਤੇ—ਰੰਗੇ ਹੋਏ ਨੇ । ਲਿਵ—ਲਗਨ ।੧੧।

ਗੁਰਮੁਖਿ—ਗੁਰੂ ਦੀ ਰਾਹੀਂ । ਸਹਜੇ—ਆਤਮਕ ਅਡੋਲਤਾ ਵਿਚ ਹੀ । ਨਾਮਿ—ਨਾਮ ਵਿਚ । ਸਮਾਇ—ਸਮਾ ਕੇ । ਸਮਾਵੈ—ਸਮਾਇਆ ਰਹਿੰਦਾ ਹੈ ।੧੨।

ਅਰਥ :—ਹੇ ਭਾਈ! ਜਿਸ ਮਨੁੱਖ ਦੇ ਮਨ ਵਿਚ ਆਤਮਕ ਜੀਵਨ ਦੀ ਸ੍ਰੇਸ਼ਟ ਸੂਝ ਉੱਘੜ ਪਈ, ਉਸ ਨੇ ਆਤਮਕ ਅਡੋਲਤਾ ਵਿਚ ਟਿਕ ਕੇ ਪਰਮਾਤਮਾ ਦਾ ਕੀਮਤੀ ਨਾਮ ਲੱਭ ਲਿਆ । ਪਰ ਇਹ ਵਡਿਆਈ ਗੁਰੂ ਪਾਸੋਂ (ਹੀ) ਮਿਲਦੀ ਹੈ । ਮੈਂ ਗੁਰੂ ਤੋਂ ਸਦਾ ਸਦਕੇ ਜਾਂਦਾ ਹਾਂ ।੯।

ਹੇ ਭਾਈ! (ਜਿਵੇਂ ਜਦੋਂ) ਸੂਰਜ ਚੜ੍ਹਦਾ ਹੈ (ਤਦੋਂ) ਰਾਤ ਦਾ ਹਨੇਰਾ ਮਿਟ ਜਾਂਦਾ ਹੈ, (ਇਸੇ ਤਰ੍ਹਾਂ) ਗੁਰੂ ਦੇ ਬੇਅੰਤ ਕੀਮਤੀ ਗਿਆਨ-ਰਤਨ ਨਾਲ ਅਗਿਆਨ-ਹਨੇਰਾ ਦੂਰ ਹੋ ਜਾਂਦਾ ਹੈ । ਹੇ ਭਾਈ! ਗੁਰੂ ਦਾ (ਦਿੱਤਾ ਹੋਇਆ) 'ਗਿਆਨ ਰਤਨ' ਬਹੁਤ ਹੀ ਕੀਮਤੀ ਹੈ । ਪਰਮਾਤਮਾ ਦੀ ਮਿਹਰ ਨਾਲ ਜਿਸ ਨੂੰ ਇਹ ਮਿਲਦਾ ਹੈ, ਉਹ ਆਤਮਕ ਆਨੰਦ ਮਾਣਦਾ ਹੈ ।੧੦।

ਹੇ ਭਾਈ! ਗੁਰੂ ਦੀ ਰਾਹੀਂ ਜਿਸ ਨੂੰ ਹਰਿ-ਨਾਮ ਪ੍ਰਾਪਤ ਹੁੰਦਾ ਹੈ, ਉਸ ਦੀ ਸੋਭਾ ਖਿੱਲਰ ਜਾਂਦੀ ਹੈ, ਉਹ ਸਦਾ ਲਈ ਪਵਿੱਤਰ ਜੀਵਨ ਵਾਲਾ ਹੋ ਜਾਂਦਾ ਹੈ, ਉਹ ਸਾਰੇ ਜਗਤ ਵਿਚ ਹੱਛਾ ਮੰਨਿਆ ਜਾਂਦਾ ਹੈ । ਹੇ ਭਾਈ! ਹਰ ਵੇਲੇ ਹਰਿ-ਨਾਮ ਵਿਚ ਰੰਗੇ ਰਹਿਣ ਕਰਕੇ ਉਹ ਸੁਖ ਮਾਣਦਾ ਹੈ, ਉਹ ਹਰਿ-ਨਾਮ ਵਿਚ

ਹਰ ਵੇਲੇ ਸੁਰਤਿ ਜੋੜੀ ਰੱਖਦਾ ਹੈ ।੧੧।

ਹੇ ਭਾਈ! ਜਿਸ ਮਨੁੱਖ ਨੂੰ ਗੁਰੂ ਦੀ ਰਾਹੀਂ ਹਰਿ-ਨਾਮ ਹਾਸਲ ਹੁੰਦਾ ਹੈ, ਉਹ ਜਾਗਦਾ ਸੁੱਤਾ ਹਰ ਵੇਲੇ ਆਤਮਕ ਅਡੋਲਤਾ ਵਿਚ ਟਿਕਿਆ ਰਹਿੰਦਾ ਹੈ (ਆਤਮਕ ਅਡੋਲਤਾ ਵਿਚ ਜਾਗਦਾ ਹੈ ਆਤਮਕ ਅਡੋਲਤਾ ਵਿਚ ਸੌਂਦਾ ਹੈ) । ਹੇ ਨਾਨਕ! ਗੁਰੂ ਦੀ ਰਾਹੀਂ ਨਾਮ ਵਿਚ ਲੀਨ ਹੋ ਕੇ ਉਹ ਮਨੁੱਖ (ਪਰਮਾਤਮਾ ਵਿਚ) ਲੀਨ ਰਹਿੰਦਾ ਹੈ, ਉਹ ਹਰ ਵੇਲੇ ਹਰਿ-ਨਾਮ ਹੀ ਸਿਮਰਦਾ ਹੈ ।੧੨।

ਭਗਤਾ ਮੁਖਿ ਅੰਮ੍ਰਿਤ ਹੈ ਬਾਣੀ ॥ ਗੁਰਮੁਖਿ ਹਰਿ ਨਾਮੁ ਆਖਿ ਵਖਾਣੀ ॥ ਹਰਿ ਹਰਿ ਕਰਤ ਸਦਾ ਮਨੁ ਬਿਗਸੈ ਹਰਿ ਚਰਣੀ ਮਨੁ ਲਾਈ ਹੇ ॥੧੩॥ ਹਮ ਮੂਰਖ ਅਗਿਆਨ ਗਿਆਨੁ ਕਿਛੁ ਨਾਹੀ ॥ ਸਤਿਗੁਰ ਤੇ ਸਮਝ ਪੜੀ ਮਨ ਮਾਹੀ ॥ ਹੋਹੁ ਦਇਆਲੁ ਕ੍ਰਿਪਾ ਕਰਿ ਹਰਿ ਜੀਉ ਸਤਿਗੁਰ ਕੀ ਸੇਵਾ ਲਾਈ ਹੇ ॥੧੪॥ ਜਿਨਿ ਸਤਿਗੁਰੁ ਜਾਤਾ ਤਿਨਿ ਏਕੁ ਪਛਾਤਾ ॥ ਸਰਬੇ ਰਵਿ ਰਹਿਆ ਸੁਖਦਾਤਾ ॥ ਆਤਮੁ ਚੀਨਿ ਪਰਮ ਪਦੁ ਪਾਇਆ ਸੇਵਾ ਸੁਰਤਿ ਸਮਾਈ ਹੇ ॥੧੫॥ ਜਿਨ ਕਉ ਆਦਿ ਮਿਲੀ ਵਡਿਆਈ ॥ ਸਤਿਗੁਰੁ ਮਨਿ ਵਸਿਆ ਲਿਵ ਲਾਈ ॥ ਆਪਿ ਮਿਲਿਆ ਜਗਜੀਵਨੁ ਦਾਤਾ ਨਾਨਕ ਅੰਕਿ ਸਮਾਈ ਹੇ ॥੧੬॥੧॥ {ਪੰਨਾ ੧੦੭੦}

ਪਦ ਅਰਥ :—ਮੁਖਿ—ਮੂੰਹ ਵਿਚ । ਅੰਮ੍ਰਿਤ ਬਾਣੀ—ਆਤਮਕ ਜੀਵਨ ਦੇਣ ਵਾਲੀ ਬਾਣੀ । ਗੁਰਮੁਖਿ—ਗੁਰੂ ਦੀ ਰਾਹੀਂ । ਆਖਿ—ਆਖ ਕੇ, ਉਚਾਰ ਕੇ । ਵਖਾਣੀ—ਵਿਆਖਿਆ ਕੀਤੀ ਹੈ । ਕਰਤ—ਕਰਦਿਆਂ । ਬਿਗਸੈ—ਖਿੜਿਆ ਰਹਿੰਦਾ ਹੈ ।੧੩।

ਹਮ—ਅਸੀ ਜੀਵ । ਅਗਿਆਨ—ਗਿਆਨ-ਹੀਣ । ਗਿਆਨੁ—ਆਤਮਕ ਜੀਵਨ ਦੀ ਸੂਝ । ਤੇ—ਤੋਂ ਪਾਸੋਂ । ਮਾਹੀ—ਵਿਚ ।੧੪।

ਜਿਨਿ—ਜਿਸ (ਮਨੁੱਖ) ਨੇ । ਤਿਨਿ—ਉਸ (ਮਨੁੱਖ) ਨੇ {ਇਕ-ਵਚਨ} । ਸਰਬੈ—ਸਭਨਾਂ ਵਿਚ । ਰਵਿ ਰਹਿਆ—ਵਿਆਪਕ ਹੈ । ਆਤਮੁ—ਆਪਣੇ ਆਪ ਨੂੰ, ਆਪਣੇ ਜੀਵਨ ਨੂੰ । ਚੀਨਿ—ਪੜਤਾਲ ਕੇ । ਪਰਮ ਪਦੁ—ਸਭ ਤੋਂ ਉੱਚਾ ਆਤਮਕ ਦਰਜਾ ।੧੫।

ਜਿਨ—{ਬਹੁ-ਵਚਨ} । ਆਦਿ—ਧੁਰ ਤੋਂ । ਮਨਿ—ਮਨ ਵਿਚ । ਲਿਵ—ਲਗਨ । ਜਗਜੀਵਨੁ—ਜਗਤ ਦਾ ਜੀਵਨ, ਜਗਤ ਦਾ ਆਸਰਾ । ਅੰਕਿ—ਅੰਕ ਵਿਚ, ਗੋਦ ਵਿਚ ।੧੬।

ਅਰਥ :—ਹੇ ਭਾਈ! ਭਗਤਾਂ ਦੇ ਮੂੰਹ ਵਿਚ (ਗੁਰੂ ਦੀ ਆਤਮਕ ਜੀਵਨ ਦੇਣ ਵਾਲੀ ਬਾਣੀ ਟਿਕੀ ਰਹਿੰਦੀ ਹੈ । ਗੁਰੂ ਦੇ ਸਨਮੁਖ ਰਹਿਣ ਵਾਲਾ ਮਨੁੱਖ ਪਰਮਾਤਮਾ ਦਾ ਨਾਮ (ਆਪ) ਉਚਾਰ ਕੇ (ਹੋਰਨਾਂ ਨੂੰ ਭੀ) ਸੁਣਾਂਦਾ ਹੈ । ਪਰਮਾਤਮਾ ਦਾ ਨਾਮ ਸਿਮਰਦਿਆਂ ਉਸ ਦਾ ਮਨ ਸਦਾ ਖਿੜਿਆ ਰਹਿੰਦਾ ਹੈ, ਉਹ ਮਨੁੱਖ ਪਰਮਾਤਮਾ ਦੇ ਚਰਨਾਂ ਵਿਚ ਆਪਣਾ ਮਨ ਜੋੜੀ ਰੱਖਦਾ ਹੈ ।੧੩।

ਹੇ ਪ੍ਰਭੂ! ਅਸੀ ਜੀਵ ਮੂਰਖ ਹਾਂ, ਅੰਞਾਣ ਹਾਂ, ਸਾਨੂੰ ਆਤਮਕ ਜੀਵਨ ਦੀ ਕੁਝ ਭੀ ਸੂਝ ਨਹੀਂ ਹੈ । ਗੁਰੂ ਪਾਸੋਂ (ਇਹ) ਸਮਝ ਮਨ ਵਿਚ ਪੈਂਦੀ ਹੈ । ਹੇ ਪ੍ਰਭੂ! ਦਇਆਵਾਨ ਹੋ, ਮਿਹਰ ਕਰ, (ਸਾਨੂੰ) ਗੁਰੂ ਦੀ ਸੇਵਾ ਵਿਚ ਲਾਈ ਰੱਖ ।੧੪।

ਹੇ ਭਾਈ! ਜਿਸ ਮਨੁੱਖ ਨੇ ਗੁਰੂ ਨਾਲ ਸਾਂਝ ਪਾ ਲਈ, ਉਸ ਨੇ ਇਕ ਪਰਮਾਤਮਾ ਨੂੰ (ਇਉਂ) ਪਛਾਣ ਲਿਆ ਕਿ ਉਹ ਸੁਖਦਾਤਾ ਪ੍ਰਭੂ ਸਭਨਾਂ ਵਿਚ ਵੱਸ ਰਿਹਾ ਹੈ । ਉਸ ਮਨੁੱਖ ਨੇ ਆਪਣੇ ਜੀਵਨ ਨੂੰ ਪੜਤਾਲ ਕੇ ਸਭ ਤੋਂ ਉੱਚਾ ਆਤਮਕ ਦਰਜਾ ਪ੍ਰਾਪਤ ਕਰ ਲਿਆ । ਉਸ ਦੀ ਸੁਰਤਿ ਪਰਮਾਤਮਾ ਦੀ ਸੇਵਾ-ਭਗਤੀ ਵਿਚ ਟਿਕੀ ਰਹਿੰਦੀ ਹੈ ।੧੫।

ਹੇ ਭਾਈ! ਜਿਨ੍ਹਾਂ ਨੂੰ ਧੁਰ ਦਰਗਾਹ ਤੋਂ ਇੱਜ਼ਤ ਮਿਲਦੀ ਹੈ, ਉਹਨਾਂ ਦੇ ਮਨ ਵਿਚ ਗੁਰੂ ਵੱਸਿਆ ਰਹਿੰਦਾ ਹੈ । ਉਹ ਪ੍ਰਭੂ-ਚਰਨਾਂ ਵਿਚ ਸੁਰਤਿ ਜੋੜੀ ਰੱਖਦੇ ਹਨ । ਹੇ ਨਾਨਕ! (ਆਖ—) ਉਹਨਾਂ ਨੂੰ ਜਗਤ ਦਾ ਸਹਾਰਾ ਦਾਤਾਰ ਆਪ ਆ ਮਿਲਦਾ ਹੈ, ਉਹ ਪ੍ਰਭੂ ਦੀ ਗੋਦ ਵਿਚ (ਪ੍ਰਭੂ-ਚਰਨਾਂ ਵਿਚ) ਸਮਾਏ ਰਹਿੰਦੇ ਹਨ ।੧੬।੧।

ਮਾਰੂ ਮਹਲਾ ੪ ॥ ਹਰਿ ਅਗਮ ਅਗੋਚਰੁ ਸਦਾ ਅਬਿਨਾਸੀ ॥ ਸਰਬੇ ਰਵਿ ਰਹਿਆ ਘਟ ਵਾਸੀ ॥ ਤਿਸੁ ਬਿਨੁ ਅਵਰੁ ਨ ਕੋਈ ਦਾਤਾ ਹਰਿ ਤਿਸਹਿ ਸਰੇਵਹੁ ਪ੍ਰਾਣੀ ਹੇ ॥੧॥ ਜਾ ਕਉ ਰਾਖੇ ਹਰਿ ਰਾਖਣਹਾਰਾ ॥ ਤਾ ਕਉ ਕੋਇ ਨ ਸਾਕਸਿ ਮਾਰਾ ॥ ਸੋ ਐਸਾ ਹਰਿ ਸੇਵਹੁ ਸੰਤਹੁ ਜਾ ਕੀ ਊਤਮ ਬਾਣੀ ਹੇ ॥੨॥ ਜਾ ਜਾਪੈ ਕਿਛੁ ਕਿਥਾਊ ਨਾਹੀ ॥ ਤਾ ਕਰਤਾ ਭਰਪੂਰਿ ਸਮਾਹੀ ॥ ਸੂਕੇ ਤੇ ਫੁਨਿ ਹਰਿਆ ਕੀਤੋਨੁ ਹਰਿ ਧਿਆਵਹੁ ਚੋਜ ਵਿਡਾਣੀ ਹੇ ॥੩॥ ਜੋ ਜੀਆ ਕੀ ਵੇਦਨ ਜਾਣੈ ॥ ਤਿਸੁ ਸਾਹਿਬ ਕੈ ਹਉ ਕੁਰਬਾਣੈ ॥ ਤਿਸੁ ਆਗੈ ਜਨ ਕਰਿ ਬੇਨੰਤੀ ਜੋ ਸਰਬ ਸੁਖਾ ਕਾ ਦਾਣੀ ਹੇ ॥੪॥ {ਪੰਨਾ ੧੦੭੦}

ਪਦ ਅਰਥ :—ਅਗਮ—ਅਪਹੁੰਚ । ਅਗੋਚਰੁ—{ਅ-ਗੋ-ਚਰੁ । ਗੋ—ਗਿਆਨ ਇੰਦ੍ਰੇ} ਜਿਸ ਤਕ ਗਿਆਨ-ਇੰਦ੍ਰਿਆਂ ਦੀ ਪਹੁੰਚ ਨਹੀਂ ਹੈ । ਅਬਿਨਾਸੀ—ਨਾਸ-ਰਹਿਤ । ਸਰਬੇ—ਸਭਨਾਂ ਵਿਚ {ਸਵਲ਼} । ਘਟ ਵਾਸੀ—ਸਭ ਸਰੀਰਾਂ ਵਿਚ ਵਾਸ ਰੱਖਣ ਵਾਲਾ । ਤਿਸਹਿ—ਤਿਸੁ ਹੀ {ਕ੍ਰਿਆ ਵਿਸ਼ੇਸ਼ਣ 'ਹੀ' ਦੇ ਕਾਰਨ ਲਫ਼ਜ਼ 'ਤਿਸੁ' ਦਾ ੁ ਉੱਡ ਗਿਆ ਹੈ} । ਸਰੇਵਹੁ—ਸਿਮਰੋ । ਪ੍ਰਾਣੀ—ਹੇ ਪ੍ਰਾਣੀ! ।੧।

ਰਾਖਣਹਾਰਾ—ਰੱਖਣ ਦੀ ਸਮਰੱਥਾ ਵਾਲਾ । ਸਾਕਸਿ ਮਾਰਾ—ਮਾਰ ਸਕਦਾ । ਸੰਤਹੁ—ਹੇ ਸੰਤ ਜਨੋ! ਊਤਮ—(ਜੀਵਨ ਨੂੰ) ਉੱਚਾ ਬਣਾ ਦੇਣ ਵਾਲੀ ।੨।

ਜਾ—ਜਦੋਂ । ਜਾਪੈ—ਇਹ ਸਮਝ ਆਉਂਦੀ ਹੈ ਕਿ । ਕਿਥਾਊ—ਕਿਤੇ ਭੀ । ਕਰਤਾ—ਕਰਤਾਰ । ਫੁਨਿ—ਮੁੜ । ਕੀਤੋਨੁ—ਉਸ (ਕਰਤਾਰ) ਨੇ ਕਰ ਦਿੱਤਾ । ਚੋਜ—ਕੌਤਕ, ਖੇਲ । ਵਿਡਾਣੀ—ਅਸਚਰਜ ।੩।

ਵੇਦਨ—{ਵੇਦਨਾ} ਦੁੱਖ, ਪੀੜ । ਕੈ—ਤੋਂ । ਹਉ—ਹਉਂ, ਮੈਂ । ਜਨ—ਹੇ ਜਨ! ਹੇ ਭਾਈ! ਦਾਣੀ—ਦਾਨੀ, ਦਾਤਾ ।੪।

ਅਰਥ :—ਹੇ ਭਾਈ! ਪਰਮਾਤਮਾ ਅਪਹੁੰਚ ਹੈ, ਇੰਦ੍ਰਿਆਂ ਦੀ ਪਹੁੰਚ ਤੋਂ ਪਰੇ ਹੈ, ਸਦਾ ਹੀ ਨਾਸ ਰਹਿਤ ਹੈ, ਸਭ ਜੀਵਾਂ ਵਿਚ ਵਿਆਪਕ ਹੈ, ਸਭ ਸਰੀਰਾਂ

ਵਿਚ ਵੱਸਣ ਵਾਲਾ ਹੈ । ਉਸ ਤੋਂ ਬਿਨਾ ਹੋਰ ਕੋਈ ਦਾਤਾ ਨਹੀਂ ਹੈ । ਹੇ ਪ੍ਰਾਣੀ! ਉਸੇ ਪਰਮਾਤਮਾ ਦਾ ਸਿਮਰਨ ਕਰਿਆ ਕਰੋ ।੧।

ਹੇ ਭਾਈ! ਬਚਾਣ ਦੀ ਸਮਰਥਾ ਵਾਲਾ ਪਰਮਾਤਮਾ ਜਿਸ (ਮਨੁੱਖ) ਦੀ ਰੱਖਿਆ ਕਰਦਾ ਹੈ, ਉਸ ਨੂੰ ਕੋਈ ਮਾਰ ਨਹੀਂ ਸਕਦਾ । ਹੇ ਸੰਤ ਜਨੋ! ਉਸ ਪਰਮਾਤਮਾ ਦੀ ਸੇਵਾ-ਭਗਤੀ ਕਰਿਆ ਕਰੋ । ਉਸ ਦੀ ਸਿਫ਼ਤਿ-ਸਾਲਾਹ ਦੀ ਬਾਣੀ ਜੀਵਨ ਨੂੰ ਉੱਚਾ ਕਰ ਦੇਂਦੀ ਹੈ ।੨।

ਹੇ ਭਾਈ! ਜਦੋਂ ਇਹ ਸਮਝ ਆ ਜਾਂਦੀ ਹੈ ਕਿ ਕਿਤੇ ਭੀ ਕੋਈ ਚੀਜ਼ (ਸਦਾ-ਥਿਰ) ਨਹੀਂ ਹੈ, ਤਦੋਂ ਕਰਤਾਰ ਨੂੰ ਹੀ ਹਰ ਥਾਂ ਵਿਆਪਕ ਸਮਝੋ (ਜੋ ਸਦਾ ਕਾਇਮ ਰਹਿਣ ਵਾਲਾ ਹੈ) । ਹੇ ਭਾਈ! ਉਹ ਕਰਤਾਰ ਸੁੱਕੇ ਤੋਂ ਹਰਾ ਕਰਨ ਵਾਲਾ ਹੈ । ਉਸ ਹਰੀ ਦਾ ਸਿਮਰਨ ਕਰਦੇ ਰਹੋ, ਉਹ ਅਸਚਰਜ ਕੌਤਕ ਕਰਨ ਵਾਲਾ ਹੈ ।੩।

ਹੇ ਭਾਈ! ਮੈਂ ਤਾਂ ਉਸ ਮਾਲਕ ਤੋਂ ਸਦਾ ਸਦਕੇ ਜਾਂਦਾ ਹਾਂ, ਜੋ ਸਭ ਜੀਵਾਂ ਦੇ ਦਿਲ ਦੀ ਪੀੜ ਜਾਣਦਾ ਹੈ । ਹੇ ਭਾਈ! ਉਸ ਪਰਮਾਤਮਾ ਦੀ ਹਜ਼ੂਰੀ ਵਿਚ ਅਰਦਾਸ ਕਰਿਆ ਕਰ, ਜਿਹੜਾ ਸਾਰੇ ਸੁਖਾਂ ਦਾ ਦੇਣ ਵਾਲਾ ਹੈ ।੪।

ਜੋ ਜੀਐ ਕੀ ਸਾਰ ਨ ਜਾਣੈ ॥ ਤਿਸੁ ਸਿਉ ਕਿਛੁ ਨ ਕਹੀਐ ਅਜਾਣੈ ॥ ਮੂਰਖ ਸਿਉ ਨਹ ਲੂਝੁ ਪਰਾਣੀ ਹਰਿ ਜਪੀਐ ਪਦੁ ਨਿਰਬਾਣੀ ਹੇ ॥੫॥ ਨਾ ਕਰਿ ਚਿੰਤ ਚਿੰਤਾ ਹੈ ਕਰਤੇ ॥ ਹਰਿ ਦੇਵੈ ਜਲਿ ਥਲਿ ਜੰਤਾ ਸਭਤੈ ॥ ਅਚਿੰਤ ਦਾਨੁ ਦੇਇ ਪ੍ਰਭੁ ਮੇਰਾ ਵਿਚਿ ਪਾਥਰ ਕੀਟ ਪਖਾਣੀ ਹੇ ॥੬॥ ਨਾ ਕਰਿ ਆਸ ਮੀਤ ਸੁਤ ਭਾਈ ॥ ਨਾ ਕਰਿ ਆਸ ਕਿਸੈ ਸਾਹ ਬਿਉਹਾਰ ਕੀ ਪਰਾਈ ॥ ਬਿਨੁ ਹਰਿ ਨਾਵੈ ਕੋ ਬੇਲੀ ਨਾਹੀ ਹਰਿ ਜਪੀਐ ਸਾਰੰਗਪਾਣੀ ਹੇ ॥੭॥ ਅਨਦਿਨੁ ਨਾਮੁ ਜਪਹੁ ਬਨਵਾਰੀ ॥ ਸਭ ਆਸਾ ਮਨਸਾ ਪੂਰੈ ਥਾਰੀ ॥ ਜਨ ਨਾਨਕ ਨਾਮੁ ਜਪਹੁ ਭਵ ਖੰਡਨੁ ਸੁਖਿ ਸਹਜੇ ਰੈਣਿ ਵਿਹਾਣੀ ਹੇ ॥੮॥ {ਪੰਨਾ ੧੦੭੦}

ਪਦ ਅਰਥ :—ਜੀਐ ਕੀ—ਜਿੰਦ ਦੀ । ਸਾਰ—ਕਦਰ, (ਦੁੱਖ-ਦਰਦ ਦੀ) ਸੂਝ । ਸਿਉ—ਨਾਲ । ਅਜਾਣ—ਅੰਞਾਣ, ਮੂਰਖ । ਲੂਝੁ—ਝਗੜਾ ਕਰ । ਪਰਾਣੀ—ਹੇ ਪ੍ਰਾਣੀ! ਜਪੀਐ—ਜਪਣਾ ਚਾਹੀਦਾ ਹੈ । ਪਦੁ—ਦਰਜਾ, ਆਤਮਕ ਅਵਸਥਾ । ਨਿਰਬਾਣੀ—ਵਾਸਨਾ-ਰਹਿਤ ।੫।

ਚਿੰਤ—ਫ਼ਿਕਰ । ਕਰਤੇ—ਕਰਤਾਰ ਨੂੰ । ਜਲਿ—ਜਲ ਵਿਚ । ਥਲਿ—ਧਰਤੀ ਵਿਚ । ਸਭਤੈ—ਸਭਨਾਂ ਨੂੰ । ਅਚਿੰਤ—ਜਿਸ ਦਾ ਚਿੱਤ-ਚੇਤਾ ਭੀ ਨਾਹ ਹੋਵੇ । ਦੇਇ—ਦੇਂਦਾ ਹੈ । ਕੀਟ—ਕੀੜੇ । ਪਖਾਣੀ—ਪੱਥਰਾਂ ਵਿਚ ਦੇ ।੬।

ਸੁਤ—ਪੁੱਤਰ । ਆਸ ਮੀਤ—ਮਿੱਤਰ ਦੀ ਆਸ । ਬੇਲੀ—ਮਦਦਗਾਰ । ਸਾਰੰਗਪਾਣੀ—{ਸਾਰੰਗ—ਧਨੁਖ । ਪਾਣੀ—ਹੱਥ । ਜਿਸ ਦੇ ਹੱਥ ਵਿਚ ਧਨੁਖ ਹੈ} ਪਰਮਾਤਮਾ ।੭।

ਅਨਦਿਨੁ—ਹਰ ਰੋਜ਼, ਹਰ ਵੇਲੇ । ਬਨਵਾਰੀ ਨਾਮੁ—ਪਰਮਾਤਮਾ ਦਾ ਨਾਮ {ਬਨ ਹੈ ਮਾਲਾ ਜਿਸ ਦੀ} । ਮਨਸਾ—{ਮਨੀ—ਾ} ਮਨ ਦਾ ਫੁਰਨਾ । ਪੂਰੈ—ਪੂਰੀ ਕਰਦਾ ਹੈ । ਥਾਰੀ—ਤੇਰੀ । ਭਵ ਖੰਡਨੁ—ਜਨਮ ਮਰਨ ਦੇ ਗੇੜ ਦਾ ਨਾਸ ਕਰਨ ਵਾਲਾ । ਸੁਖਿ—ਸੁਖ ਵਿਚ । ਸਹਜੇ—ਆਤਮਕ ਅਡੋਲਤਾ ਵਿਚ । ਰੈਣਿ—ਰਾਤ, ਜੀਵਨ-ਰਾਤ । ਵਿਹਾਣੀ—ਬੀਤਦੀ ਹੈ ।੮।

ਅਰਥ :—ਹੇ ਭਾਈ! ਜਿਹੜਾ ਮਨੁੱਖ (ਕਿਸੇ ਹੋਰ ਦੀ) ਜਿੰਦ ਦਾ ਦੁੱਖ-ਦਰਦ ਨਹੀਂ ਸਮਝ ਸਕਦਾ, ਉਸ ਮੂਰਖ ਨਾਲ (ਆਪਣੇ ਦੁੱਖ-ਦਰਦ ਦੀ) ਕੋਈ ਗੱਲ ਨਹੀਂ ਕਰਨੀ ਚਾਹੀਦੀ । ਹੇ ਪ੍ਰਾਣੀ! ਉਸ ਮੂਰਖ ਨਾਲ ਕੋਈ ਝੇੜਾ ਨਾਹ ਕਰ । ਸਿਰਫ਼ ਪਰਮਾਤਮਾ ਦਾ ਨਾਮ ਜਪਣਾ ਚਾਹੀਦਾ ਹੈ, ਉਹੀ ਵਾਸਨਾ-ਰਹਿਤ ਆਤਮਕ ਦਰਜਾ ਦੇਣ ਵਾਲਾ ਹੈ ।੫।

ਹੇ ਭਾਈ! (ਰੋਜ਼ੀ ਦੀ ਖ਼ਾਤਰ) ਚਿੰਤਾ-ਫ਼ਿਕਰ ਨਾਹ ਕਰ, ਇਹ ਫ਼ਿਕਰ ਕਰਤਾਰ ਨੂੰ ਹੈ । ਉਹ ਕਰਤਾਰ ਜਲ ਵਿਚ ਧਰਤੀ ਵਿਚ (ਵੱਸਣ ਵਾਲੇ) ਸਭ ਜੀਵਾਂ ਨੂੰ (ਰਿਜ਼ਕ) ਦੇਂਦਾ ਹੈ । ਮੇਰਾ ਪ੍ਰਭੂ ਉਹ ਉਹ ਦਾਤਿ ਦੇਂਦਾ ਹੈ ਜਿਸ ਦਾ ਸਾਨੂੰ ਚਿੱਤ-ਚੇਤਾ ਭੀ ਨਹੀਂ ਹੁੰਦਾ । ਪੱਥਰਾਂ ਵਿਚ ਵੱਸਣ ਵਾਲੇ ਕੀੜਿਆਂ ਨੂੰ ਭੀ (ਰਿਜ਼ਕ) ਦੇਂਦਾ ਹੈ ।੬।

ਹੇ ਭਾਈ! ਮਿੱਤਰ ਦੀ, ਪੁੱਤਰ ਦੀ, ਭਰਾ ਦੀ—ਕਿਸੇ ਦੀ ਭੀ ਆਸ ਨਾਹ ਕਰ । ਕਿਸੇ ਸ਼ਾਹ ਦੀ, ਕਿਸੇ ਵਿਹਾਰ ਦੀ—ਕੋਈ ਭੀ ਪਰਾਈ ਆਸ ਨਾਹ ਕਰ । ਪਰਮਾਤਮਾ ਦੇ ਨਾਮ ਤੋਂ ਬਿਨਾ ਹੋਰ ਕੋਈ ਮਦਦਗਾਰ ਨਹੀਂ । ਉਸ ਪਰਮਾਤਮਾ ਦਾ ਹੀ ਨਾਮ ਜਪਣਾ ਚਾਹੀਦਾ ਹੈ ।੭।

ਹੇ ਭਾਈ! ਹਰ ਵੇਲੇ ਪਰਮਾਤਮਾ ਦਾ ਹੀ ਨਾਮ ਜਪਦੇ ਰਹੋ । ਉਹੀ ਤੇਰੀ ਹਰੇਕ ਆਸ ਪੂਰੀ ਕਰਦਾ ਹੈ, ਤੇਰਾ ਹਰੇਕ ਫੁਰਨਾ ਪੂਰਾ ਕਰਦਾ ਹੈ । ਹੇ ਦਾਸ ਨਾਨਕ! ਸਦਾ ਹਰਿ-ਨਾਮ ਜਪਦੇ ਰਹੋ । ਹਰਿ-ਨਾਮ ਜਨਮ ਮਰਨ ਦੇ ਗੇੜ ਦਾ ਨਾਸ ਕਰਨ ਵਾਲਾ ਹੈ । (ਜਿਹੜਾ ਮਨੁੱਖ ਜਪਦਾ ਹੈ ਉਸ ਦੀ) ਉਮਰ-ਰਾਤ ਸੁਖ ਵਿਚ ਆਤਮਕ ਅਡੋਲਤਾ ਵਿਚ ਬੀਤਦੀ ਹੈ ।੮।

ਜਿਨਿ ਹਰਿ ਸੇਵਿਆ ਤਿਨਿ ਸੁਖੁ ਪਾਇਆ ॥ ਸਹਜੇ ਹੀ ਹਰਿ ਨਾਮਿ ਸਮਾਇਆ ॥ ਜੋ ਸਰਣਿ ਪਰੈ ਤਿਸ ਕੀ ਪਤਿ ਰਾਖੈ ਜਾਇ ਪੂਛਹੁ ਵੇਦ ਪੁਰਾਣੀ ਹੇ ॥੯॥ ਜਿਸੁ ਹਰਿ ਸੇਵਾ ਲਾਏ ਸੋਈ ਜਨੁ ਲਾਗੈ ॥ ਗੁਰ ਕੈ ਸਬਦਿ ਭਰਮ ਭਉ ਭਾਗੈ ॥ ਵਿਚੇ ਗ੍ਰਿਹ ਸਦਾ ਰਹੈ ਉਦਾਸੀ ਜਿਉ ਕਮਲੁ ਰਹੈ ਵਿਚਿ ਪਾਣੀ ਹੇ ॥੧੦॥ ਵਿਚਿ ਹਉਮੈ ਸੇਵਾ ਥਾਇ ਨ ਪਾਏ ॥ ਜਨਮਿ ਮਰੈ ਫਿਰਿ ਆਵੈ ਜਾਏ ॥ ਸੋ ਤਪੁ ਪੂਰਾ ਸਾਈ ਸੇਵਾ ਜੋ ਹਰਿ ਮੇਰੇ ਮਨਿ ਭਾਣੀ ਹੇ ॥੧੧॥ ਹਉ ਕਿਆ ਗੁਣ ਤੇਰੇ ਆਖਾ ਸੁਆਮੀ ॥ ਤੂ ਸਰਬ ਜੀਆ ਕਾ ਅੰਤਰਜਾਮੀ ॥ ਹਉ ਮਾਗਉ ਦਾਨੁ ਤੁਝੈ ਪਹਿ ਕਰਤੇ ਹਰਿ ਅਨਦਿਨੁ ਨਾਮੁ ਵਖਾਣੀ ਹੇ ॥੧੨॥ {ਪੰਨਾ ੧੦੭੦-੧੦੭੧}

ਪਦ ਅਰਥ :— ਜਿਨਿ—ਜਿਸ (ਮਨੁੱਖ) ਨੇ {ਇਕ-ਵਚਨ} । ਸਹਜੇ—ਬਿਨਾ ਕਿਸੇ (ਤਪ ਆਦਿਕ) ਜਤਨ ਦੇ । ਨਾਮਿ—ਨਾਮ ਵਿਚ । ਤਿਸ ਕੀ—{ਸੰਬੰਧਕ 'ਕੀ' ਦੇ ਕਾਰਨ ਲਫ਼ਜ਼ 'ਤਿਸੁ' ਦਾ ੁ ਉੱਡ ਗਿਆ ਹੈ} । ਪਤਿ—ਇੱਜ਼ਤ । ਜਾਇ—ਜਾ ਕੇ ।੯।

ਲਾਗੈ—ਲੱਗਦਾ ਹੈ । ਕੈ ਸਬਦਿ—ਦੇ ਸ਼ਬਦ ਦੀ ਰਾਹੀਂ । ਭਰਮ—ਭਟਕਣਾ । ਭਉ—ਡਰ । ਭਾਗੈ—ਦੂਰ ਹੋ ਜਾਂਦਾ ਹੈ । ਗ੍ਰਿਹ—ਘਰ, ਗ੍ਰਿਹਸਤ ।੧੦।

ਥਾਇ—ਥਾਂ ਵਿਚ । ਥਾਇ ਨ ਪਾਏ—ਪਰਵਾਨ ਨਹੀਂ ਹੁੰਦੀ । ਜਨਮਿ—ਜੰਮ ਕੇ । ਆਵੈ ਜਾਇ—ਆਉਂਦਾ ਹੈ ਜਾਂਦਾ ਹੈ, ਜੰਮਦਾ ਮਰਦਾ ਰਹਿੰਦਾ ਹੈ । ਮਨਿ—ਮਨ ਵਿਚ । ਭਾਣੀ—ਚੰਗੀ ਲੱਗਦੀ ਹੈ ।੧੧।

ਹਉ—ਹਉਂ, {ਅਹਮੱ} ਮੈਂ । ਆਖਾ—ਆਖਾਂ, ਮੈਂ ਬਿਆਨ ਕਰਾਂ । ਸੁਆਮੀ—ਹੇ ਸੁਆਮੀ! ਅੰਤਰਜਾਮੀ—ਦਿਲ ਦੀ ਜਾਣਨ ਵਾਲਾ । ਮਾਗਉ—ਮਾਗਉਂ, ਮੰਗਦਾ ਹਾਂ । ਤੁਝੈ ਪਹਿ—ਤੇਰੇ ਹੀ ਪਾਸੋਂ । ਕਰਤੇ—ਹੇ ਕਰਤਾਰ! ਅਨਦਿਨੁ—ਹਰ ਰੋਜ਼, ਹਰ ਵੇਲੇ । ਵਖਾਣੀ—ਵਖਾਣੀਂ, ਮੈਂ ਉਚਾਰਦਾ ਰਹਾਂ ।੧੨।

ਅਰਥ :—ਹੇ ਭਾਈ! ਜਿਸ ਮਨੁੱਖ ਨੇ ਪਰਮਾਤਮਾ ਦੀ ਭਗਤੀ ਕੀਤੀ ਉਸ ਨੇ ਸੁਖ ਪ੍ਰਾਪਤ ਕੀਤਾ । ਉਹ ਬਿਨਾ ਕਿਸੇ (ਤਪ ਆਦਿਕ) ਜਤਨ ਦੇ ਪਰਮਾਤਮਾ ਦੇ ਨਾਮ ਵਿਚ ਲੀਨ ਰਹਿੰਦਾ ਹੈ । ਬੇਸ਼ੱਕ ਵੇਦਾਂ ਪੁਰਾਣਾਂ (ਦੇ ਪੜ੍ਹਨ ਵਾਲਿਆਂ) ਪਾਸੋਂ ਜਾ ਕੇ ਪੁੱਛ ਲਵੋ । ਜਿਹੜਾ ਮਨੁੱਖ ਪਰਮਾਤਮਾ ਦੀ ਸਰਨ ਪੈਂਦਾ ਹੈ, ਪਰਮਾਤਮਾ ਉਸ ਦੀ ਲਾਜ ਰੱਖਦਾ ਹੈ ।੯।

ਪਰ, ਹੇ ਭਾਈ! ਉਹੀ ਮਨੁੱਖ ਪਰਮਾਤਮਾ ਦੀ ਭਗਤੀ ਵਿਚ ਲੱਗਦਾ ਹੈ, ਜਿਸ ਨੂੰ ਪਰਮਾਤਮਾ ਆਪ ਲਾਂਦਾ ਹੈ । ਗੁਰੂ ਦੇ ਸ਼ਬਦ ਦੀ ਬਰਕਤ ਨਾਲ ਉਸ ਮਨੁੱਖ ਦੀ ਭਟਕਣਾ ਉਸ ਦਾ ਡਰ ਦੂਰ ਹੋ ਜਾਂਦਾ ਹੈ । ਜਿਵੇਂ ਕੌਲ ਫੁੱਲ ਪਾਣੀ ਵਿਚ (ਪਾਣੀ ਤੋਂ) ਨਿਰਲੇਪ ਰਹਿੰਦਾ ਹੈ, ਤਿਵੇਂ ਉਹ ਮਨੁੱਖ ਗ੍ਰਿਹਸਤ ਦੇ ਵਿਚ ਹੀ (ਮਾਇਆ ਤੋਂ) ਸਦਾ ਉਪਰਾਮ ਰਹਿੰਦਾ ਹੈ ।੧੦।

ਹੇ ਭਾਈ! ਹਉਮੈ-ਅਹੰਕਾਰ ਵਿਚ ਕੀਤੀ ਹੋਈ ਸੇਵਾ-ਭਗਤੀ ਪਰਵਾਨ ਨਹੀਂ ਹੁੰਦੀ, ਉਹ ਮਨੁੱਖ (ਤਾਂ ਸਗੋਂ) ਜਨਮ ਮਰਨ ਦੇ ਗੇੜ ਵਿਚ ਪਿਆ ਰਹਿੰਦਾ ਹੈ । ਹੇ ਭਾਈ! ਉਹੀ ਹੈ ਪੂਰਾ ਤਪ, ਉਹੀ ਹੈ ਸੇਵਾ-ਭਗਤੀ, ਜਿਹੜੀ ਮੇਰੇ ਪ੍ਰਭੂ ਦੇ ਮਨ ਵਿਚ ਪਿਆਰੀ ਲੱਗਦੀ ਹੈ (ਪ੍ਰਭੂ ਦੀ ਰਜ਼ਾ ਵਿਚ ਤੁਰਨਾ ਹੀ ਸਹੀ ਰਸਤਾ ਹੈ) ।੧੧।

ਹੇ ਮੇਰੇ ਮਾਲਕ! ਮੈਂ ਤੇਰੇ ਕਿਹੜੇ ਕਿਹੜੇ ਗੁਣ ਬਿਆਨ ਕਰਾਂ? ਤੂੰ ਸਭ ਜੀਵਾਂ ਦੇ ਦਿਲ ਦੀ ਜਾਣਨ ਵਾਲਾ ਹੈਂ । ਹੇ ਕਰਤਾਰ! ਮੈਂ ਤੇਰੇ ਹੀ ਪਾਸੋਂ ਇਹ ਦਾਨ ਮੰਗਦਾ ਹਾਂ ਕਿ ਮੈਂ ਹਰ ਵੇਲੇ ਤੇਰਾ ਨਾਮ ਉਚਾਰਦਾ ਰਹਾਂ ।੧੨।

ਕਿਸ ਹੀ ਜੋਰੁ ਅਹੰਕਾਰ ਬੋਲਣ ਕਾ ॥ ਕਿਸ ਹੀ ਜੋਰੁ ਦੀਬਾਨ ਮਾਇਆ ਕਾ ॥ ਮੈ ਹਰਿ ਬਿਨੁ ਟੇਕ ਧਰ ਅਵਰ ਨ ਕਾਈ ਤੂ ਕਰਤੇ ਰਾਖੁ ਮੈ ਨਿਮਾਣੀ ਹੇ ॥੧੩॥ ਨਿਮਾਣੇ ਮਾਣੁ ਕਰਹਿ ਤੁਧੁ ਭਾਵੈ ॥ ਹੋਰ ਕੇਤੀ ਝਖਿ ਝਖਿ ਆਵੈ ਜਾਵੈ ॥ ਜਿਨ ਕਾ ਪਖੁ ਕਰਹਿ ਤੂ ਸੁਆਮੀ ਤਿਨ ਕੀ ਊਪਰਿ ਗਲ ਤੁਧੁ ਆਣੀ ਹੇ ॥੧੪॥ ਹਰਿ ਹਰਿ ਨਾਮੁ ਜਿਨੀ ਸਦਾ ਧਿਆਇਆ ॥ ਤਿਨੀ ਗੁਰ ਪਰਸਾਦਿ ਪਰਮ ਪਦੁ ਪਾਇਆ ॥ ਜਿਨਿ ਹਰਿ ਸੇਵਿਆ ਤਿਨਿ ਸੁਖੁ ਪਾਇਆ ਬਿਨੁ ਸੇਵਾ ਪਛੋਤਾਣੀ ਹੇ ॥੧੫॥ ਤੂ ਸਭ ਮਹਿ ਵਰਤਹਿ ਹਰਿ ਜਗੰਨਾਥੁ ॥ ਸੋ ਹਰਿ ਜਪੈ ਜਿਸੁ ਗੁਰ ਮਸਤਕਿ ਹਾਥੁ ॥ ਹਰਿ ਕੀ ਸਰਣਿ ਪਇਆ ਹਰਿ ਜਾਪੀ ਜਨੁ ਨਾਨਕੁ ਦਾਸੁ ਦਸਾਣੀ ਹੇ ॥੧੬॥੨॥ {ਪੰਨਾ ੧੦੭੧}

ਪਦ ਅਰਥ :—ਕਿਸ ਹੀ—{ਕ੍ਰਿਆ ਵਿਸ਼ੇਸ਼ਣ 'ਹੀ' ਦੇ ਕਾਰਨ ਲਫ਼ਜ਼ 'ਕਿਸੁ' ਦਾ ੁ ਉੱਡ ਗਿਆ ਹੈ} । ਜੋਰੁ—ਤਾਣ, ਮਾਣ । ਦੀਬਾਨ—ਆਸਰਾ । ਧਰ—ਆਸਰਾ । ਕਾਈ—{ਇਸਤ੍ਰੀ-ਲਿੰਗ । 'ਕੋਈ' ਪੁਲਿੰਗ} । ਕਰਤੇ—ਹੇ ਕਰਤਾਰ! ਮੈ—ਮੈਨੂੰ ।੧੩।

ਕਰਹਿ—ਤੂੰ ਕਰਦਾ ਹੈਂ । ਤੁਧੁ ਭਾਵੈ—ਤੈਨੂੰ ਚੰਗਾ ਲੱਗਦਾ ਹੈ । ਹੋਰ ਕੇਤੀ—ਹੋਰ ਕਿਤਨੀ ਹੀ ਲੁਕਾਈ । ਝਖਿ—ਖ਼ੁਆਰ ਹੋ ਕੇ । ਪਖੁ—ਮਦਦ । ਊਪਰਿ—ਸਭਨਾਂ ਦੇ ਉੱਤੇ । ਗਲ—ਗੱਲ । ਆਣੀ—ਲਿਆਂਦੀ ।੧੪।

ਜਿਨੀ—ਜਿਨ੍ਹਾਂ ਨੇ । ਪਰਸਾਦਿ—ਕਿਰਪਾ ਨਾਲ । ਪਰਮ ਪਦੁ—ਸਭ ਤੋਂ ਉੱਚਾ ਆਤਮਕ ਦਰਜਾ । ਜਿਨਿ—ਜਿਸ ਨੇ ।੧੫।

ਵਰਤਹਿ—ਵਿਆਪਕ ਹੈਂ । ਜਗੰਨਾਥੁ—ਜਗਤ ਦਾ ਨਾਥ । ਗੁਰ ਹਾਥੁ—ਗੁਰੂ ਦਾ ਹੱਥ । ਜਿਸੁ ਮਸਤਕਿ—ਜਿਸ ਦੇ ਮੱਥੇ ਉਥੇ । ਜਾਪੀ—ਜਾਪੀਂ, ਮੈਂ ਜਪਾਂ । ਦਾਸੁ ਦਸਾਣੀ—ਦਾਸਾਂ ਦਾ ਦਾਸ ।੧੬।

ਅਰਥ :—ਹੇ ਭਾਈ! ਕਿਸੇ ਦੇ ਅੰਦਰ ਚੰਗਾ ਬੋਲ ਸਕਣ ਦੇ ਅਹੰਕਾਰ ਦਾ ਤਾਣ ਹੈ । ਕਿਸੇ ਨੂੰ ਮਾਇਆ ਦੇ ਆਸਰੇ ਦਾ ਤਾਣ ਹੈ । ਮੈਨੂੰ ਪਰਮਾਤਮਾ ਤੋਂ ਬਿਨਾ ਕੋਈ ਆਸਰਾ ਨਹੀਂ ਕੋਈ ਸਹਾਰਾ ਨਹੀਂ । ਹੇ ਕਰਤਾਰ! ਮੇਰੀ ਨਿਮਾਣੀ ਦੀ ਰੱਖਿਆ ਤੂੰ ਹੀ ਕਰ ।੧੩।

ਹੇ ਸੁਆਮੀ! ਤੂੰ ਨਿਮਾਣੇ ਦਾ ਮਾਣ ਹੈਂ । ਜੋ ਤੈਨੂੰ ਚੰਗਾ ਲੱਗਦਾ ਹੈ, ਉਹੀ ਤੂੰ ਕਰਦਾ ਹੈਂ । (ਤੇਰੀ ਰਜ਼ਾ ਤੋਂ ਲਾਂਭੇ ਜਾਣ ਦਾ ਜਤਨ ਕਰ ਕੇ) ਬੇਅੰਤ ਲੁਕਾਈ ਖ਼ੁਆਰ ਹੋ ਹੋ ਕੇ ਜਨਮ ਮਰਨ ਦੇ ਗੇੜ ਵਿਚ ਪੈਂਦੀ ਹੈ । ਹੇ ਸੁਆਮੀ! ਤੂੰ ਜਿਨ੍ਹਾਂ ਦਾ ਪੱਖ ਕਰਦਾ ਹੈਂ, ਉਹਨਾਂ ਦੀ ਗੱਲ ਹਰ ਥਾਂ ਮੰਨੀ ਜਾਂਦੀ ਹੈ ।੧੪।

ਹੇ ਭਾਈ! ਜਿਨ੍ਹਾਂ ਮਨੁੱਖਾਂ ਨੇ ਸਦਾ ਪਰਮਾਤਮਾ ਦਾ ਨਾਮ ਸਿਮਰਿਆ, ਉਹਨਾਂ ਗੁਰੂ ਦੀ ਕਿਰਪਾ ਨਾਲ ਸਭ ਤੋਂ ਉੱਚਾ ਆਤਮਕ ਦਰਜਾ ਹਾਸਲ ਕਰ ਲਿਆ । ਹੇ ਭਾਈ! ਜਿਸ ਮਨੁੱਖ ਨੇ ਪਰਮਾਤਮਾ ਦੀ ਸੇਵਾ-ਭਗਤੀ ਕੀਤੀ, ਉਸ ਨੇ ਸੁਖ ਮਾਣਿਆ । ਪ੍ਰਭੂ ਦੀ ਸੇਵਾ-ਭਗਤੀ ਤੋਂ ਬਿਨਾ ਲੁਕਾਈ ਪਛੁਤਾਂਦੀ ਹੈ ।੧੫।

ਹੇ ਹਰੀ! ਤੂੰ ਜਗਤ ਦਾ ਨਾਥ ਹੈਂ । ਤੂੰ ਸਭ ਵਿਚ ਵਿਆਪਕ ਹੈਂ । ਹੇ ਭਾਈ! ਉਹੀ ਮਨੁੱਖ ਪਰਮਾਤਮਾ ਦਾ ਨਾਮ ਜਪਦਾ ਹੈ ਜਿਸ ਦੇ ਮੱਥੇ ਉੱਤੇ ਗੁਰੂ ਦਾ ਹੱਥ ਹੁੰਦਾ ਹੈ ।

ਹੇ ਭਾਈ! (ਮੈਂ ਭੀ) ਹਰੀ ਦੀ ਸਰਨ ਪਿਆ ਹਾਂ, ਮੈਂ ਭੀ ਹਰੀ ਦਾ ਨਾਮ ਜਪਦਾ ਹਾਂ । ਦਾਸ ਨਾਨਕ ਹਰੀ ਦੇ ਦਾਸਾਂ ਦਾ ਦਾਸ ਹੈ ।੧੬।੨।

ਮਾਰੂ ਸੋਲਹੇ ਮਹਲਾ ੫
ੴ ਸਤਿਗੁਰ ਪ੍ਰਸਾਦਿ ॥ ਕਲਾ ਉਪਾਇ ਧਰੀ ਜਿਨਿ ਧਰਣਾ ॥ ਗਗਨੁ ਰਹਾਇਆ ਹੁਕਮੇ ਚਰਣਾ ॥ ਅਗਨਿ ਉਪਾਇ ਈਧਨ ਮਹਿ ਬਾਧੀ ਸੋ ਪ੍ਰਭੁ ਰਾਖੈ ਭਾਈ ਹੇ ॥੧॥ ਜੀਅ ਜੰਤ ਕਉ ਰਿਜਕੁ ਸੰਬਾਹੇ ॥ ਕਰਣ ਕਾਰਣ ਸਮਰਥ ਆਪਾਹੇ ॥ ਖਿਨ ਮਹਿ ਥਾਪਿ ਉਥਾਪਨਹਾਰਾ ਸੋਈ ਤੇਰਾ ਸਹਾਈ ਹੇ ॥੨॥ ਮਾਤ

ਗਰਭ ਮਹਿ ਜਿਨਿ ਪ੍ਰਤਿਪਾਲਿਆ ॥ ਸਾਸਿ ਗ੍ਰਾਸਿ ਹੋਇ ਸੰਗਿ ਸਮਾਲਿਆ ॥ ਸਦਾ ਸਦਾ ਜਪੀਐ ਸੋ ਪ੍ਰੀਤਮੁ ਵਡੀ ਜਿਸੁ ਵਡਿਆਈ ਹੇ ॥੩॥ ਸੁਲਤਾਨ ਖਾਨ ਕਰੇ ਖਿਨ ਕੀਰੇ ॥ ਗਰੀਬ ਨਿਵਾਜਿ ਕਰੇ ਪ੍ਰਭੁ ਮੀਰੇ ॥ ਗਰਬ ਨਿਵਾਰਣ ਸਰਬ ਸਧਾਰਣ ਕਿਛੁ ਕੀਮਤਿ ਕਹੀ ਨ ਜਾਈ ਹੇ ॥੪॥ {ਪੰਨਾ ੧੦੭੧}

ਪਦ ਅਰਥ :—ਕਲਾ—ਗੁਪਤ ਤਾਕਤ, ਸੱਤਿਆ, ਸ਼ਕਤੀ । ਉਪਾਇ—ਪੈਦਾ ਕਰ ਕੇ । ਜਿਨਿ—ਜਿਸ (ਪਰਮਾਤਮਾ) ਨੇ । ਧਰਣਾ—ਧਰਤੀ । ਗਗਨੁ—ਆਕਾਸ਼ । ਰਹਾਇਆ—ਟਿਕਾਇਆ, ਥੰਮ੍ਹਿਆ । ਹੁਕਮੇ—ਹੁਕਮ ਦੀ ਰਾਹੀਂ ਹੀ । ਚਰਣਾ—ਆਸਰਾ (ਦੇ ਕੇ) । ਈਧਨ—ਲੱਕੜਾਂ । ਬਾਧੀ—ਬੰਨ੍ਹੀ ਹੋਈ ਹੈ । ਰਾਖੈ—ਰੱਖਿਆ ਕਰਦਾ ਹੈ ।੧।

ਕਉ—ਨੂੰ । ਸੰਬਾਹੇ—ਅਪੜਾਂਦਾ ਹੈ । ਕਰਣ—ਸ੍ਰਿਸ਼ਟੀ । ਕਾਰਣ—ਮੂਲ । ਆਪਾਹੇ—ਮਾਇਆ ਦੀ ਪਾਹ ਤੋਂ ਰਹਿਤ, ਨਿਰਲੇਪ । ਥਾਪਿ—ਪੈਦਾ ਕਰ ਕੇ । ਉਥਾਪਨਹਾਰਾ—ਨਾਸ ਕਰ ਸਕਣ ਵਾਲਾ । ਸਹਾਈ—ਮਦਦਗਾਰ ।੨।

ਜਿਨਿ—ਜਿਸ (ਪ੍ਰਭੂ) ਨੇ । ਪ੍ਰਤਿਪਾਲਿਆ—ਰੱਖਿਆ ਕੀਤੀ । ਸਾਸਿ—(ਹਰੇਕ) ਸਾਹ ਦੇ ਨਾਲ । ਗ੍ਰਾਸਿ—(ਹਰੇਕ) ਗ੍ਰਾਹੀ ਦੇ ਨਾਲ । ਸੰਗਿ—ਨਾਲ । ਸਮਾਲਿਆ—ਸੰਭਾਲ ਕਰਦਾ ਹੈ । ਜਪੀਐ—ਜਪਣਾ ਚਾਹੀਦਾ ਹੈ ।੩।

ਸੁਲਤਾਨ—ਪਾਤਿਸ਼ਾਹ । ਖਾਨ—ਸਰਦਾਰ । ਕੀਰੇ—ਕੀੜੇ । ਨਿਵਾਜਿ—ਨਿਵਾਜ ਕੇ, ਉੱਚਾ ਕਰ ਕੇ । ਮੀਰੇ—ਅਮੀਰ । ਗਰਬ—ਅਹੰਕਾਰ । ਸਰਬ ਸਧਾਰਣ—ਸਭ ਨੂੰ ਆਸਰਾ ਦੇਣ ਵਾਲਾ ।੪।

ਅਰਥ :—ਹੇ ਭਾਈ! ਜਿਸ ਪਰਮਾਤਮਾ ਨੇ (ਆਪਣੇ ਹੀ ਅੰਦਰੋਂ) ਸ਼ਕਤੀ ਪੈਦਾ ਕਰ ਕੇ ਧਰਤੀ ਸਾਜੀ ਹੈ, ਜਿਸ ਨੇ ਆਪਣੇ ਹੁਕਮ ਦਾ ਹੀ ਆਸਰਾ ਦੇ ਕੇ ਆਕਾਸ਼ ਨੂੰ ਥੰਮ੍ਹ ਰੱਖਿਆ ਹੈ, ਜਿਸ ਨੇ ਅੱਗ ਪੈਦਾ ਕਰ ਕੇ ਇਸ ਨੂੰ ਲੱਕੜਾਂ ਵਿਚ ਬੰਨ੍ਹ ਰੱਖਿਆ ਹੈ, ਉਹੀ ਪਰਮਾਤਮਾ (ਸਭ ਜੀਵਾਂ ਦੀ) ਰੱਖਿਆ ਕਰਦਾ ਹੈ ।੧।

ਹੇ ਭਾਈ! ਜਿਹੜਾ ਪਰਮਾਤਮਾ ਸਾਰੇ ਹੀ ਜੀਵਾਂ ਨੂੰ ਰਿਜ਼ਕ ਅਪੜਾਂਦਾ ਹੈ, ਜੋ ਸ੍ਰਿਸ਼ਟੀ ਦਾ ਮੂਲ ਹੈ, ਜੋ ਸਭ ਤਾਕਤਾਂ ਦਾ ਮਾਲਕ ਤੇ ਨਿਰਲੇਪ ਹੈ, ਜੋ ਇਕ ਛਿਨ ਵਿਚ ਪੈਦਾ ਕਰ ਕੇ ਨਾਸ ਕਰਨ ਦੀ ਸਮਰੱਥਾ ਰੱਖਦਾ ਹੈ, ਉਹੀ ਪਰਮਾਤਮਾ (ਹਰ ਵੇਲੇ) ਤੇਰਾ ਭੀ ਮਦਦਗਾਰ ਹੈ ।੨।

ਹੇ ਭਾਈ! ਜਿਸ ਪਰਮਾਤਮਾ ਨੇ ਮਾਂ ਦੇ ਪੇਟ ਵਿਚ (ਤੇਰੀ) ਪਾਲਣਾ ਕੀਤੀ, ਤੇਰੇ ਹਰੇਕ ਸਾਹ ਦੇ ਨਾਲ ਤੇਰੀ ਹਰੇਕ ਗਿਰਾਹੀ ਦੇ ਨਾਲ ਤੇਰਾ ਸੰਗੀ ਬਣ ਕੇ ਤੇਰੀ ਸੰਭਾਲ ਕੀਤੀ, ਜਿਸ ਪਰਮਾਤਮਾ ਦੀ ਇਤਨੀ ਵੱਡੀ ਵਡਿਆਈ ਹੈ, ਉਸ ਪ੍ਰੀਤਮ ਪ੍ਰਭੂ ਨੂੰ ਸਦਾ ਹੀ ਸਦਾ ਹੀ ਜਪਣਾ ਚਾਹੀਦਾ ਹੈ ।੩।

ਹੇ ਭਾਈ! ਉਹ ਪਰਮਾਤਮਾ ਪਾਤਿਸ਼ਾਹਾਂ ਤੇ ਖ਼ਾਨਾਂ ਨੂੰ ਇਕ ਛਿਨ ਵਿਚ ਕੀੜੇ (ਕੰਗਾਲ) ਬਣਾ ਦੇਂਦਾ ਹੈ, ਗ਼ਰੀਬਾਂ ਨੂੰ ਉੱਚੇ ਕਰ ਕੇ ਅਮੀਰ ਬਣਾ ਦੇਂਦਾ ਹੈ । ਉਹ ਪਰਮਾਤਮਾ (ਅਹੰਕਾਰੀਆਂ ਦਾ) ਅਹੰਕਾਰ ਦੂਰ ਕਰਨ ਵਾਲਾ ਹੈ, ਉਹ ਪਰਮਾਤਮਾ ਸਭ ਦਾ ਆਸਰਾ ਹੈ, ਹੇ ਭਾਈ! ਉਸ ਦਾ ਮੁੱਲ ਨਹੀਂ ਪਾਇਆ ਜਾ ਸਕਦਾ ।੪।

ਸੋ ਪਤਿਵੰਤਾ ਸੋ ਧਨਵੰਤਾ ॥ ਜਿਸੁ ਮਨਿ ਵਸਿਆ ਹਰਿ ਭਗਵੰਤਾ ॥ ਮਾਤ ਪਿਤਾ ਸੁਤ ਬੰਧਪ ਭਾਈ ਜਿਨਿ ਇਹ ਸ੍ਰਿਸਟਿ ਉਪਾਈ ਹੇ ॥੫॥ ਪ੍ਰਭ ਆਏ ਸਰਣਾ ਭਉ ਨਹੀ ਕਰਣਾ ॥ ਸਾਧ ਸੰਗਤਿ ਨਿਹਚਉ ਹੈ ਤਰਣਾ ॥ ਮਨ ਬਚ ਕਰਮ ਅਰਾਧੇ ਕਰਤਾ ਤਿਸੁ ਨਾਹੀ ਕਦੇ ਸਜਾਈ ਹੇ ॥੬॥ ਗੁਣ ਨਿਧਾਨ ਮਨ ਤਨ ਮਹਿ ਰਵਿਆ ॥ ਜਨਮ ਮਰਣ ਕੀ ਜੋਨਿ ਨ ਭਵਿਆ ॥ ਦੂਖ ਬਿਨਾਸ ਕੀਆ ਸੁਖਿ ਡੇਰਾ ਜਾ ਤ੍ਰਿਪਤਿ ਰਹੇ ਆਘਾਈ ਹੇ ॥੭॥ ਮੀਤੁ ਹਮਾਰਾ ਸੋਈ ਸੁਆਮੀ ॥ ਥਾਨ ਥਨੰਤਰਿ ਅੰਤਰਜਾਮੀ ॥ ਸਿਮਰਿ ਸਿਮਰਿ ਪੂਰਨ ਪਰਮੇਸੁਰ ਚਿੰਤਾ ਗਣਤ ਮਿਟਾਈ ਹੇ ॥੮॥ {ਪੰਨਾ ੧੦੭੧}

ਪਦ ਅਰਥ :—ਪਤਿਵੰਤਾ—ਇੱਜ਼ਤ ਵਾਲਾ । ਜਿਸੁ ਮਨਿ—ਜਿਸ ਦੇ ਮਨ ਵਿਚ । ਸੁਤ—ਪੁੱਤਰ । ਬੰਧਪ—ਰਿਸ਼ਤੇਦਾਰ । ਜਿਨਿ—ਜਿਸ (ਕਰਤਾਰ) ਨੇ ।੫।

ਪ੍ਰਭ ਸਰਣਾ—ਪ੍ਰਭੂ ਦੀ ਸਰਨ ਵਿਚ । ਨਿਹਚਉ—ਜ਼ਰੂਰ । ਬਚ—ਬਚਨ । ਅਰਾਧੇ—ਸਿਮਰਦਾ ਹੈ । ਸਜਾਈ—ਸਜ਼ਾ, ਦੰਡ, ਕਸ਼ਟ ।੬।

ਗੁਣ ਨਿਧਾਨ—ਗੁਣਾਂ ਦਾ ਖ਼ਜ਼ਾਨਾ । ਰਵਿਆ—ਸਿਮਰਿਆ । ਸੁਖਿ—ਸੁਖ ਵਿਚ । ਤ੍ਰਿਪਤਿ ਰਹੇ ਆਘਾਈ—ਮਾਇਆ ਦੀ ਤ੍ਰਿਸ਼ਨਾ ਵਲੋਂ ਪੂਰਨ ਤੌਰ ਤੇ ਰੱਜ ਗਏ ।੭।

ਥਾਨ ਥਨੰਤਰਿ—ਥਾਨ ਥਾਨ ਅੰਤਰਿ, ਹਰੇਕ ਥਾਂ ਵਿਚ {ਅੰਤਰਿ—ਵਿਚ} । ਸਿਮਰਿ—ਸਿਮਰ ਕੇ । ਗਣਤ—ਚਿੰਤਾ-ਫ਼ਿਕਰ ।੮।

ਅਰਥ :—ਹੇ ਭਾਈ! ਜਿਸ ਮਨੁੱਖ ਦੇ ਮਨ ਵਿਚ ਹਰੀ ਭਗਵਾਨ ਆ ਵੱਸਦਾ ਹੈ, ਉਹੀ (ਅਸਲ) ਇੱਜ਼ਤ-ਦਾਰ ਹੈ ਉਹੀ (ਅਸਲ) ਧਨਾਢ ਹੈ । ਜਿਸ ਪਰਮਾਤਮਾ ਨੇ ਇਹ ਸ੍ਰਿਸ਼ਟੀ ਪੈਦਾ ਕੀਤੀ ਹੈ, ਉਹੀ ਹੈ ਮਾਂ ਪਿਉ, ਉਹੀ ਹੈ ਪੁੱਤਰ ਰਿਸ਼ਤੇਦਾਰ ਤੇ ਭਰਾ (ਉਹੀ ਹੈ ਸਦਾ ਨਾਲ ਨਿਭਣ ਵਾਲਾ ਸਨਬੰਧੀ) ।੫।

ਹੇ ਭਾਈ! ਪ੍ਰਭੂ ਦੀ ਸਰਨ ਪਿਆਂ ਕਿਸੇ ਕਿਸਮ ਦਾ ਡਰ ਕਰਨ ਦੀ ਲੋੜ ਨਹੀਂ ਰਹਿੰਦੀ । ਹੇ ਭਾਈ! ਗੁਰੂ ਦੀ ਸੰਗਤਿ ਵਿਚ ਰਿਹਾਂ ਜ਼ਰੂਰ (ਸਾਰੇ ਡਰਾਂ ਤੋਂ) ਪਾਰ-ਉਤਾਰਾ ਹੋ ਜਾਂਦਾ ਹੈ । ਜਿਹੜਾ ਮਨੁੱਖ ਆਪਣੇ ਮਨ ਦੀ ਰਾਹੀਂ ਬਚਨਾਂ ਦੀ ਰਾਹੀਂ ਕੰਮਾਂ ਦੀ ਰਾਹੀਂ ਕਰਤਾਰ ਦਾ ਆਰਾਧਨ ਕਰਦਾ ਰਹਿੰਦਾ ਹੈ, ਉਸ ਨੂੰ ਕਦੇ ਕੋਈ ਕਸ਼ਟ ਨਹੀਂ ਪੋਹ ਸਕਦਾ ।੬।

ਹੇ ਭਾਈ! ਜਿਹੜਾ ਮਨੁੱਖ ਆਪਣੇ ਮਨ ਵਿਚ ਆਪਣੇ ਤਨ ਵਿਚ ਪਰਮਾਤਮਾ ਨੂੰ ਯਾਦ ਰੱਖਦਾ ਹੈ, ਉਹ ਜਨਮ ਮਰਨ ਦੇ ਗੇੜ ਵਿਚ ਨਹੀਂ ਭਟਕਦਾ । ਉਸ ਦੇ ਸਾਰੇ ਦੁੱਖਾਂ ਦਾ ਨਾਸ ਹੋ ਜਾਂਦਾ ਹੈ, ਉਹ ਸਦਾ ਲਈ ਆਤਮਕ ਆਨੰਦ ਵਿਚ ਟਿਕਾਣਾ ਬਣਾ ਲੈਂਦਾ ਹੈ, ਕਿਉਂਕਿ ਉਹ (ਤ੍ਰਿਸ਼ਨਾ ਵਲੋਂ) ਪੂਰਨ ਤੌਰ ਤੇ ਰੱਜਿਆ ਰਹਿੰਦਾ ਹੈ ।੭।

ਹੇ ਭਾਈ! ਉਹੀ ਮਾਲਕ-ਪ੍ਰਭੂ ਅਸਾਂ ਜੀਵਾਂ ਦਾ (ਅਸਲ) ਮਿੱਤਰ ਹੈ । ਉਸ ਪੂਰਨ ਦਿਲ ਦੀ ਜਾਣਨ ਵਾਲਾ ਉਹ ਪ੍ਰਭੂ ਹਰੇਕ ਥਾਂ ਵਿਚ ਵੱਸ ਰਿਹਾ ਹੈ । ਸਭ

ਦੇ ਪਰਮੇਸਰ ਦਾ ਨਾਮ ਸਦਾ ਸਿਮਰ ਕੇ ਮਨੁੱਖ ਆਪਣੇ ਸਾਰੇ ਚਿੰਤਾ-ਫ਼ਿਕਰ ਮਿਟਾ ਲੈਂਦਾ ਹੈ ।੮।

ਹਰਿ ਕਾ ਨਾਮੁ ਕੋਟਿ ਲਖ ਬਾਹਾ ॥ ਹਰਿ ਜਸੁ ਕੀਰਤਨੁ ਸੰਗਿ ਧਨੁ ਤਾਹਾ ॥ ਗਿਆਨ ਖੜਗੁ ਕਰਿ ਕਿਰਪਾ ਦੀਨਾ ਦੂਤ ਮਾਰੇ ਕਰਿ ਧਾਈ ਹੇ ॥੯॥ ਹਰਿ ਕਾ ਜਾਪੁ ਜਪਹੁ ਜਪੁ ਜਪਨੇ ॥ ਜੀਤਿ ਆਵਹੁ ਵਸਹੁ ਘਰਿ ਅਪਨੇ ॥ ਲਖ ਚਉਰਾਸੀਹ ਨਰਕ ਨ ਦੇਖਹੁ ਰਸਕਿ ਰਸਕਿ ਗੁਣ ਗਾਈ ਹੇ ॥੧੦॥ ਖੰਡ ਬ੍ਰਹਮੰਡ ਉਧਾਰਣਹਾਰਾ ॥ ਊਚ ਅਥਾਹ ਅਗੰਮ ਅਪਾਰਾ ॥ ਜਿਸ ਨੋ ਕ੍ਰਿਪਾ ਕਰੇ ਪ੍ਰਭੁ ਅਪਨੀ ਸੋ ਜਨੁ ਤਿਸਹਿ ਧਿਆਈ ਹੇ ॥੧੧॥ ਬੰਧਨ ਤੋੜਿ ਲੀਏ ਪ੍ਰਭਿ ਮੋਲੇ ॥ ਕਰਿ ਕਿਰਪਾ ਕੀਨੇ ਘਰ ਗੋਲੇ ॥ ਅਨਹਦ ਰੁਣਝੁਣਕਾਰੁ ਸਹਜ ਧੁਨਿ ਸਾਚੀ ਕਾਰ ਕਮਾਈ ਹੇ ॥੧੨॥ {ਪੰਨਾ ੧੦੭੨}

ਪਦ ਅਰਥ :—ਕੋਟਿ—ਕ੍ਰੋੜ । ਬਾਹਾ—ਬਾਹਾਂ, ਸਾਥੀ, ਮਦਦਗਾਰ । ਜਸੁ ਕੀਰਤਨੁ—ਸਿਫ਼ਤਿ-ਸਾਲਾਹ । ਸੰਗਿ ਤਾਹਾ—ਉਸ (ਮਨੁੱਖ) ਦੇ ਪਾਸ । ਖੜਗੁ—ਤਲਵਾਰ । ਕਰਿ—ਕਰ ਕੇ । ਦੂਤ—(ਕਾਮਾਦਿਕ) ਵੈਰੀ । ਧਾਈ—ਹੱਲਾ ।੯।

ਜਪੁ ਜਪਨੇ—ਜਪਣ-ਜੋਗ ਜਪ । ਜੀਤਿ—ਜਿੱਤ ਕੇ । ਘਰਿ ਅਪਨੇ—ਆਪਣੇ ਘਰ ਵਿਚ, ਸ੍ਵੈ-ਸਰੂਪ ਵਿਚ, ਪ੍ਰਭੂ-ਚਰਨਾਂ ਵਿਚ । ਰਸਕਿ—ਰਸ ਨਾਲ, ਪ੍ਰੇਮ ਨਾਲ । ਗਾਈ—ਗਾਂਦਾ ਹੈ ।੧੦।

ਉਧਾਰਣਹਾਰਾ—ਵਿਕਾਰਾਂ ਤੋਂ ਬਚਾ ਸਕਣ ਵਾਲਾ । ਅਥਾਹ—ਬਹੁਤ ਹੀ ਡੂੰਘਾ । ਅਗੰਮ—ਅਪਹੁੰਚ । ਤਿਸਹਿ—ਤਿਸੁ ਹੀ, ਉਸ (ਪਰਮਾਤਮਾ) ਨੂੰ ਹੀ {ਕ੍ਰਿਆ ਵਿਸ਼ੇਸ਼ਣ 'ਹੀ' ਦੇ ਕਾਰਨ ਲਫ਼ਜ਼ 'ਤਿਸੁ' ਦਾ ੁ ਉੱਡ ਗਿਆ ਹੈ} ।੧੧।

ਤੋੜਿ—ਤੋੜ ਕੇ । ਪ੍ਰਭਿ—ਪ੍ਰਭੂ ਨੇ । ਘਰ ਗੋਲੇ—ਘਰ ਦੇ ਸੇਵਕ । ਅਨਹਦ—ਇਕ-ਰਸ, ਲਗਾਤਾਰ, ਬਿਨਾ ਵਜਾਏ ਵੱਜ ਰਿਹਾ । ਰੁਣ ਝੁਣ—ਮਿੱਠਾ ਸੁਰੀਲਾ ਰਾਗ । ਰੁਣਝੁਣਕਾਰੁ—ਲਗਾਤਾਰ ਹੋ ਰਿਹਾ ਮਿੱਠਾ ਸੁਰੀਲਾ ਰਾਗ । ਸਹਜ—ਆਤਮਕ ਅਡੋਲਤਾ । ਧੁਨਿ—ਸੁਰ । ਸਾਚੀ—ਸਦਾ ਕਾਇਮ ਰਹਿਣ ਵਾਲੀ ।੧੨।

ਅਰਥ :—ਹੇ ਭਾਈ! (ਜਿਵੇਂ ਵੈਰੀਆਂ ਦਾ ਟਾਕਰਾ ਕਰਨ ਲਈ ਬਹੁਤੀਆਂ ਬਾਹਾਂ ਬਹੁਤੇ ਭਰਾ ਤੇ ਸਾਥੀ ਮਨੁੱਖ ਵਾਸਤੇ ਸਹਾਰਾ ਹੁੰਦੇ ਹਨ, ਤਿਵੇਂ ਕਾਮਾਦਿਕ ਵੈਰੀਆਂ ਦੇ ਟਾਕਰੇ ਤੇ ਮਨੁੱਖ ਵਾਸਤੇ) ਪਰਮਾਤਮਾ ਦਾ ਨਾਮ (ਮਾਨੋ) ਲੱਖਾਂ ਕ੍ਰੋੜਾਂ ਬਾਹਾਂ ਹੈ, ਪਰਮਾਤਮਾ ਦਾ ਜਸ-ਕੀਰਤਨ ਉਸ ਦੇ ਪਾਸ ਧਨ ਹੈ । ਜਿਸ ਮਨੁੱਖ ਨੂੰ ਪਰਮਾਤਮਾ ਆਤਮਕ ਜੀਵਨ ਦੀ ਸੂਝ ਦੀ ਤਲਵਾਰ ਕਿਰਪਾ ਕਰ ਕੇ ਦੇਂਦਾ ਹੈ, ਉਹ ਮਨੁੱਖ ਹੱਲਾ ਕਰ ਕੇ ਕਾਮਾਦਿਕ ਵੈਰੀਆਂ ਨੂੰ ਮਾਰ ਲੈਂਦਾ ਹੈ ।੯।

ਹੇ ਭਾਈ! ਪਰਮਾਤਮਾ ਦੇ ਨਾਮ ਦਾ ਜਾਪ ਜਪਿਆ ਕਰੋ, ਇਹੀ ਜਪਣ-ਜੋਗ ਜਪ ਹੈ । (ਇਸ ਜਪ ਦੀ ਬਰਕਤਿ ਨਾਲ ਕਾਮਾਦਿਕ ਵੈਰੀਆਂ ਨੂੰ) ਜਿੱਤ ਕੇ ਆਪਣੇ ਅਸਲ ਘਰ ਵਿਚ ਟਿਕੇ ਰਹੋਗੇ । ਚੌਰਾਸੀ ਲੱਖ ਜੂਨਾਂ ਦੇ ਨਰਕ ਵੇਖਣੇ ਨਹੀਂ ਪੈਣਗੇ । (ਜਿਹੜਾ ਮਨੁੱਖ) ਪ੍ਰੇਮ ਨਾਲ ਪ੍ਰਭੂ ਦੇ ਗੁਣ ਗਾਂਦਾ ਹੈ (ਉਸ ਨੂੰ ਇਹ ਫਲ ਪ੍ਰਾਪਤ ਹੁੰਦਾ ਹੈ ।੧੦।

ਹੇ ਭਾਈ! ਪਰਮਾਤਮਾ ਖੰਡਾਂ ਬ੍ਰਹਮੰਡਾਂ ਦੇ ਜੀਵਾਂ ਨੂੰ ਵਿਕਾਰਾਂ ਤੋਂ ਬਚਾਣ-ਜੋਗ ਹੈ । ਉਹ ਪ੍ਰਭੂ ਉੱਚਾ ਹੈ ਅਥਾਹ ਹੈ ਅਪਹੁੰਚ ਹੈ ਬੇਅੰਤ ਹੈ । ਜਿਸ ਮਨੁੱਖ ਉਤੇ ਉਹ ਆਪਣੀ ਕਿਰਪਾ ਕਰਦਾ ਹੈ ਉਹ ਮਨੁੱਖ ਉਸੇ ਪ੍ਰਭੂ ਨੂੰ ਹੀ ਸਿਮਰਦਾ ਰਹਿੰਦਾ ਹੈ ।੧੧।

ਹੇ ਭਾਈ! ਜਿਸ ਮਨੁੱਖ ਦੇ (ਮਾਇਆ ਦੇ ਮੋਹ ਦੇ) ਬੰਧਨ ਤੋੜ ਕੇ ਪ੍ਰਭੂ ਨੇ ਉਸ ਨੂੰ ਆਪਣਾ ਬਣਾ ਲਿਆ, ਮਿਹਰ ਕਰ ਕੇ ਜਿਸ ਨੂੰ ਉਸ ਨੇ ਆਪਣੇ ਘਰ ਦਾ ਦਾਸ ਬਣਾ ਲਿਆ, ਉਹ ਮਨੁੱਖ ਸਦਾ-ਥਿਰ ਹਰਿ-ਨਾਮ ਸਿਮਰਨ ਦੀ ਕਾਰ ਕਰਦਾ ਹੈ, ਉਸ ਦੇ ਅੰਦਰ ਆਤਮਕ ਅਡੋਲਤਾ ਦੀ ਤਾਰ ਬੱਝੀ ਰਹਿੰਦੀ ਹੈ, ਉਸ ਦੇ ਅੰਦਰ ਸਿਫ਼ਤਿ-ਸਾਲਾਹ ਦਾ (ਮਾਨੋ) ਲਗਾਤਾਰ ਮਿੱਠਾ ਸੁਰੀਲਾ ਰਾਗ ਹੁੰਦਾ ਰਹਿੰਦਾ ਹੈ ।੧੨।

ਮਨਿ ਪਰਤੀਤਿ ਬਨੀ ਪ੍ਰਭ ਤੇਰੀ ॥ ਬਿਨਸਿ ਗਈ ਹਉਮੈ ਮਤਿ ਮੇਰੀ ॥ ਅੰਗੀਕਾਰੁ ਕੀਆ ਪ੍ਰਭਿ ਅਪਨੈ ਜਗ ਮਹਿ ਸੋਭ ਸੁਹਾਈ ਹੇ ॥੧੩॥ ਜੈ ਜੈਕਾਰੁ ਜਪਹੁ ਜਗਦੀਸੈ ॥ ਬਲਿ ਬਲਿ ਜਾਈ ਪ੍ਰਭ ਅਪੁਨੇ ਈਸੈ ॥ ਤਿਸੁ ਬਿਨੁ ਦੂਜਾ ਅਵਰੁ ਨ ਦੀਸੈ ਏਕਾ ਜਗਤਿ ਸਬਾਈ ਹੇ ॥੧੪॥ ਸਤਿ ਸਤਿ ਸਤਿ ਪ੍ਰਭੁ ਜਾਤਾ ॥ ਗੁਰ ਪਰਸਾਦਿ ਸਦਾ ਮਨੁ ਰਾਤਾ ॥ ਸਿਮਰਿ ਸਿਮਰਿ ਜੀਵਹਿ ਜਨ ਤੇਰੇ ਏਕੰਕਾਰਿ ਸਮਾਈ ਹੇ ॥੧੫॥ ਭਗਤ ਜਨਾ ਕਾ ਪ੍ਰੀਤਮੁ ਪਿਆਰਾ ॥ ਸਭੈ ਉਧਾਰਣੁ ਖਸਮੁ ਹਮਾਰਾ ॥ ਸਿਮਰਿ ਨਾਮੁ ਪੁੰਨੀ ਸਭ ਇਛਾ ਜਨ ਨਾਨਕ ਪੈਜ ਰਖਾਈ ਹੇ ॥੧੬॥੧॥ {ਪੰਨਾ ੧੦੭੨}

ਪਦ ਅਰਥ :—ਮਨਿ—(ਜਿਸ ਮਨੁੱਖ ਦੇ) ਮਨ ਵਿਚ । ਪਰਤੀਤਿ—ਸਰਧਾ । ਪ੍ਰਭ—ਹੇ ਪ੍ਰਭੂ! ਮਤਿ ਮੇਰੀ—'ਮੇਰੀ ਮੇਰੀ' ਕਰਨ ਵਾਲੀ ਮਤਿ, ਮਮਤਾ ਵਾਲੀ ਮਤਿ । ਅੰਗੀਕਾਰੁ—ਪੱਖ । ਪ੍ਰਭਿ—ਪ੍ਰਭੂ ਨੇ । ਸੋਭ—ਸੋਭਾ । ਸੁਹਾਈ—ਸੋਹਣੀ ਬਣੀ ।੧੩।

ਜੈ ਜੈਕਾਰੁ—ਸਿਫ਼ਤਿ-ਸਾਲਾਹ । ਜਗਦੀਸੈ—ਜਗਦੀਸ ਦੀ, ਜਗਤ ਦੇ ਮਾਲਕ ਦੀ (ਜਗਤ-ਈਸ) । ਜਾਈ—ਜਾਈਂ, ਮੈਂ ਜਾਂਦਾ ਹਾਂ । ਈਸ—ਈਸ਼੍ਵਰ । ਜਗਤਿ ਸਬਾਈ—ਸਾਰੇ ਜਗਤ ਵਿਚ ।੧੪।

ਸਤਿ—ਸਦਾ ਕਾਇਮ ਰਹਿਣ ਵਾਲਾ । ਪਰਸਾਦਿ—ਕਿਰਪਾ ਨਾਲ । ਰਾਤਾ—ਰੰਗਿਆ ਹੋਇਆ । ਸਿਮਰਿ—ਸਿਮਰ ਕੇ । ਏਕੰਕਾਰਿ—ਇਕ-ਓਅੰਕਾਰ ਵਿਚ, ਸਰਬ-ਵਿਆਪਕ ਵਿਚ ।੧੫।

ਉਧਾਰਣੁ—ਪਾਰ ਲੰਘਾਣ ਜੋਗਾ । ਪੁੰਨੀ—ਪੂਰੀ ਹੋਈ । ਪੈਜ—ਲਾਜ, ਇੱਜ਼ਤ ।੧੬।

ਅਰਥ :—ਹੇ ਪ੍ਰਭੂ! ਜਿਸ ਮਨੁੱਖ ਦੇ ਮਨ ਵਿਚ ਤੇਰੀ ਸਰਧਾ ਬਣ ਜਾਂਦੀ ਹੈ, ਉਸ ਦੇ ਅੰਦਰੋਂ ਹਉਮੈ ਦੂਰ ਹੋ ਜਾਂਦੀ ਹੈ, ਉਸ ਦੀ ਮਮਤਾ ਵਾਲੀ ਬੁੱਧੀ ਨਾਸ ਹੋ ਜਾਂਦੀ ਹੈ । ਹੇ ਭਾਈ! ਆਪਣੇ ਪ੍ਰਭੂ ਨੇ ਜਿਸ ਮਨੁੱਖ ਦੀ ਸਹਾਇਤਾ ਕੀਤੀ, ਉਸ ਦੀ ਸਾਰੇ ਜਗਤ ਵਿਚ ਸੋਭਾ ਚਮਕ ਪਈ ।੧੩।

ਹੇ ਭਾਈ! ਜਗਤ ਦੇ ਮਾਲਕ ਪ੍ਰਭੂ ਦੀ ਸਿਫ਼ਤਿ-ਸਾਲਾਹ ਕਰਦੇ ਰਹੋ । ਮੈਂ ਤਾਂ ਆਪਣੇ ਈਸ਼੍ਵਰ ਪ੍ਰਭੂ ਤੋਂ ਸਦਾ ਸਦਕੇ ਜਾਂਦਾ ਹਾਂ । ਉਸ ਪ੍ਰਭੂ ਤੋਂ ਬਿਨਾ (ਉਸ ਵਰਗਾ) ਹੋਰ ਕੋਈ ਨਹੀਂ ਦਿੱਸਦਾ । ਸਾਰੇ ਜਗਤ ਵਿਚ ਉਹ ਇਕ ਆਪ ਹੀ ਆਪ ਹੈ ।੧੪।

ਹੇ ਭਾਈ! ਜਿਸ ਮਨੁੱਖ ਨੇ ਪਰਮਾਤਮਾ ਨੂੰ ਸਦਾ-ਥਿਰ ਸਦਾ-ਥਿਰ ਜਾਣ ਲਿਆ ਹੈ ਉਸ ਦਾ ਮਨ ਗੁਰੂ ਦੀ ਕਿਰਪਾ ਨਾਲ ਉਸ ਵਿਚ ਰੰਗਿਆ ਰਹਿੰਦਾ ਹੈ । ਹੇ ਪ੍ਰਭੂ! ਤੇਰੇ ਸੇਵਕ ਤੇਰਾ ਨਾਮ ਸਿਮਰ ਸਿਮਰ ਕੇ ਆਤਮਕ ਜੀਵਨ ਹਾਸਲ ਕਰਦੇ ਹਨ, ਉਹ ਸਦਾ ਤੇਰੇ ਸਰਬ-ਵਿਆਪਕ ਸਰੂਪ ਵਿਚ ਲੀਨ ਰਹਿੰਦੇ ਹਨ ।੧੫।

ਹੇ ਭਾਈ! ਸਾਡਾ ਮਾਲਕ-ਪ੍ਰਭੂ ਆਪਣੇ ਭਗਤਾਂ ਦਾ ਪਿਆਰਾ ਹੈ, ਸਭ ਜੀਵਾਂ ਦਾ ਪਾਰ-ਉਤਾਰਾ ਕਰਨ ਵਾਲਾ ਹੈ । ਉਸ ਦਾ ਨਾਮ ਸਿਮਰ ਸਿਮਰ ਕੇ ਉਸ ਦੇ ਭਗਤਾਂ ਦੀ ਹਰੇਕ ਆਸ ਪੂਰੀ ਹੋ ਜਾਂਦੀ ਹੈ । ਹੇ ਨਾਨਕ! ਪਰਮਾਤਮਾ ਆਪਣੇ ਸੇਵਕਾਂ ਦੀ ਸਦਾ ਲਾਜ ਰੱਖਦਾ ਹੈ ।੧੬।੧।

ਮਾਰੂ ਸੋਲਹੇ ਮਹਲਾ ੫
ੴ ਸਤਿਗੁਰ ਪ੍ਰਸਾਦਿ ॥ ਸੰਗੀ ਜੋਗੀ ਨਾਰਿ ਲਪਟਾਣੀ ॥ ਉਰਝਿ ਰਹੀ ਰੰਗ ਰਸ ਮਾਣੀ ॥ ਕਿਰਤ ਸੰਜੋਗੀ ਭਏ ਇਕਤ੍ਰਾ ਕਰਤੇ ਭੋਗ ਬਿਲਾਸਾ ਹੇ ॥੧॥ ਜੋ ਪਿਰੁ ਕਰੈ ਸੁ ਧਨ ਤਤੁ ਮਾਨੈ ॥ ਪਿਰੁ ਧਨਹਿ ਸੀਗਾਰਿ ਰਖੈ ਸੰਗਾਨੈ ॥ ਮਿਲਿ ਏਕਤ੍ਰ ਵਸਹਿ ਦਿਨੁ ਰਾਤੀ ਪ੍ਰਿਉ ਦੇ ਧਨਹਿ ਦਿਲਾਸਾ ਹੇ ॥੨॥ ਧਨ ਮਾਗੈ ਪ੍ਰਿਉ ਬਹੁ ਬਿਧਿ ਧਾਵੈ ॥ ਜੋ ਪਾਵੈ ਸੋ ਆਣਿ ਦਿਖਾਵੈ ॥ ਏਕ ਵਸਤੁ ਕਉ ਪਹੁਚਿ ਨ ਸਾਕੈ ਧਨ ਰਹਤੀ ਭੂਖ ਪਿਆਸਾ ਹੇ ॥੩॥ ਧਨ ਕਰੈ ਬਿਨਉ ਦੋਊ ਕਰ ਜੋਰੈ ॥ ਪ੍ਰਿਅ ਪਰਦੇਸਿ ਨ ਜਾਹੁ ਵਸਹੁ ਘਰਿ ਮੋਰੈ ॥ ਐਸਾ ਬਣਜੁ ਕਰਹੁ ਗ੍ਰਿਹ ਭੀਤਰਿ ਜਿਤੁ ਉਤਰੈ ਭੂਖ ਪਿਆਸਾ ਹੇ ॥੪॥ ਸਗਲੇ ਕਰਮ ਧਰਮ ਜੁਗ ਸਾਧਾ ॥ ਬਿਨੁ ਹਰਿ ਰਸ ਸੁਖੁ ਤਿਲੁ ਨਹੀ ਲਾਧਾ ॥ ਭਈ ਕ੍ਰਿਪਾ ਨਾਨਕ ਸਤਸੰਗੇ ਤਉ ਧਨ ਪਿਰ ਅਨੰਦ ਉਲਾਸਾ ਹੇ ॥੫॥ {ਪੰਨਾ ੧੦੭੨}

ਪਦ ਅਰਥ :—ਸੰਗੀ—ਸਾਥੀ, 'ਨਾਰਿ' ਦਾ ਸਾਥੀ, ਕਾਇਆਂ ਦਾ ਸਾਥੀ । ਜੋਗੀ—(ਅਸਲ ਵਿਚ) ਨਿਰਲੇਪ, ਵਿਰਕਤ (ਜੀਵਾਤਮਾ) । ਨਾਰਿ—ਇਸਤ੍ਰੀ, ਕਾਇਆਂ । ਲਪਟਾਣੀ—ਲਪਟੀ ਹੋਈ ਹੈ, ਚੰਬੜੀ ਹੋਈ ਹੈ । ਉਰਝਿ ਰਹੀ—(ਕਾਇਆਂ-ਇਸਤ੍ਰੀ ਜੀਵਾਤਮਾ ਜੋਗੀ ਨਾਲ) ਉਲਝੀ ਹੋਈ ਹੈ, ਉਸ ਨੂੰ ਆਪਣੇ ਮੋਹ ਵਿਚ ਫਸਾ ਰਹੀ ਹੈ । ਕਿਰਤ—ਪਿਛਲੇ ਕੀਤੇ ਕਰਮ । ਕਿਰਤ ਸੰਜੋਗੀ—ਕੀਤੇ ਕਰਮਾਂ ਦੇ ਸੰਜੋਗਾਂ ਨਾਲ । ਇਕਤ੍ਰਾ—ਇਕੱਠੇ । ਕਰਤੇ—ਕਰਦੇ ਹਨ ।੧।

ਪਿਰੁ—(ਕਾਇਆਂ-ਇਸਤ੍ਰੀ ਦਾ) ਖਸਮ, ਜੀਵਾਤਮਾ । ਧਨ—ਇਸਤ੍ਰੀ, ਕਾਇਆਂ । ਤਤੁ—ਤੁਰਤ । ਮਾਨੈ—ਮੰਨਦੀ ਹੈ । ਧਨਹਿ—ਕਾਇਆਂ-ਇਸਤ੍ਰੀ ਨੂੰ । ਸੀਗਾਰਿ—ਸਿੰਗਾਰ ਕੇ । ਸੰਗਾਨੈ—(ਆਪਣੇ) ਨਾਲ । ਮਿਲਿ—ਮਿਲ ਕੇ । ਪ੍ਰਿਉ—ਜੀਵਾਤਮਾ-ਪਤੀ ।੨।

ਮਾਗੈ—ਮੰਗਦੀ ਹੈ । ਬਹੁ ਬਿਧਿ—ਕਈ ਤਰ੍ਹਾਂ । ਧਾਵੈ—ਦੌੜਿਆ ਫਿਰਦਾ ਹੈ । ਪਾਵੈ—ਹਾਸਲ ਕਰਦਾ ਹੈ । ਜੋ—ਜੋ ਕੁਝ । ਆਣਿ—ਲਿਆ ਕੇ । ਇਕ ਵਸਤੁ—ਨਾਮ-ਪਦਾਰਥ । ਕਉ—ਨੂੰ । ਰਹਤੀ—ਬਣੀ ਰਹਿੰਦੀ ਹੈ ।੩।

ਬਿਨਉ—ਬੇਨਤੀ । ਦੋਊ ਕਰ—ਦੋਵੇਂ ਹੱਥ । ਜੋਰੈ—ਜੋੜਦੀ ਹੈ । ਪ੍ਰਿਅ—ਹੇ ਪਿਆਰੇ! ਪਰਦੇਸਿ—ਪਰਾਏ ਦੇਸ ਵਿਚ । ਘਰਿ ਮੋਰੈ—ਮੇਰੇ ਘਰ ਵਿਚ, ਮੇਰੇ ਵਿਚ ਹੀ । ਗ੍ਰਿਹ ਭੀਤਿਰਿ—ਮੇਰੇ ਹੀ ਘਰ ਵਿਚ, ਇਸੇ ਕਾਇਆਂ ਵਿਚ । ਜਿਤੁ—ਜਿਸ (ਬਣਜ) ਦੀ ਰਾਹੀਂ ।੪।

ਸਗਲੇ—ਸਾਰੇ । ਸਗਲੇ ਜੁਗ—ਸਾਰੇ ਜੁਗਾਂ ਵਿਚ, ਸਦਾ ਤੋਂ ਹੀ । ਕਰਮ ਧਰਮ ਸਾਧਾ—ਮਿਥੇ ਹੋਏ ਧਾਰਮਿਕ ਕੰਮ ਕੀਤੇ ਗਏ ਹਨ । ਤਿਲੁ—ਰਤਾ ਭਰ ਭੀ । ਲਾਧਾ—ਲੱਭਾ । ਸਤਸੰਗੇ—ਸਾਧ ਸੰਗਤਿ ਵਿਚ । ਅਨੰਦ ਉਲਾਸਾ—ਆਤਮਕ ਆਨੰਦ ।੫।

ਅਰਥ :—ਹੇ ਭਾਈ! (ਇਹ ਜੀਵਾਤਮਾ ਅਸਲ ਵਿਚ ਵਿਰਕਤ) ਜੋਗੀ (ਹੈ, ਇਹ ਕਾਇਆਂ-) ਇਸਤ੍ਰੀ ਦਾ ਸਾਥੀ (ਜਦੋਂ ਬਣ ਜਾਂਦਾ ਹੈ, ਤਾਂ ਕਾਇਆਂ-) ਇਸਤ੍ਰੀ (ਇਸ ਨਾਲ) ਲਪਟੀ ਰਹਿੰਦੀ ਹੈ, ਇਸ ਨੂੰ ਆਪਣੇ ਮੋਹ ਵਿਚ ਫਸਾਂਦੀ ਰਹਿੰਦੀ ਹੈ, (ਤੇ ਇਸ ਨਾਲ ਮਾਇਆ ਦੇ) ਰੰਗ ਰਸ ਮਾਣਦੀ ਰਹਿੰਦੀ ਹੈ । ਕੀਤੇ ਕਰਮਾਂ ਦੇ ਸੰਜੋਗਾਂ ਨਾਲ (ਇਹ ਜੀਵਾਤਮਾ ਅਤੇ ਕਾਇਆਂ) ਇਕੱਠੇ ਹੁੰਦੇ ਹਨ, ਤੇ, (ਦੁਨੀਆ ਦੇ) ਭੋਗ ਬਿਲਾਸ ਕਰਦੇ ਰਹਿੰਦੇ ਹਨ ।੧।

ਹੇ ਭਾਈ! ਜੋ ਕੁਝ ਜੀਵਾਤਮਾ-ਪਤੀ ਕਾਇਆਂ-ਇਸਤ੍ਰੀ ਨੂੰ ਆਖਦਾ ਹੈ ਉਹ ਤੁਰਤ ਮੰਨਦੀ ਹੈ । ਜੀਵਾਤਮਾ-ਪਤੀ ਕਾਇਆਂ-ਇਸਤ੍ਰੀ ਨੂੰ ਸਜਾ-ਸੰਵਾਰ ਕੇ ਆਪਣੇ ਨਾਲ ਰੱਖਦਾ ਹੈ । ਮਿਲ ਕੇ ਦਿਨ ਰਾਤ ਇਹ ਇਕੱਠੇ ਵੱਸਦੇ ਹਨ । ਜੀਵਾਤਮਾ-ਪਤੀ ਕਾਇਆਂ-ਇਸਤ੍ਰੀ ਨੂੰ (ਕਈ ਤਰ੍ਹਾਂ ਦਾ) ਹੌਸਲਾ ਦੇਂਦਾ ਰਹਿੰਦਾ ਹੈ ।੨।

ਹੇ ਭਾਈ! ਕਾਇਆਂ-ਇਸਤ੍ਰੀ (ਭੀ ਜੋ ਕੁਝ) ਮੰਗਦੀ ਹੈ, (ਉਹ ਹਾਸਲ ਕਰਨ ਵਾਸਤੇ) ਜੀਵਾਤਮਾ-ਪਤੀ ਕਈ ਤਰ੍ਹਾਂ ਦੀ ਦੌੜ-ਭੱਜ ਕਰਦਾ ਫਿਰਦਾ ਹੈ । ਜੋ ਕੁਝ ਉਸ ਨੂੰ ਲੱਭਦਾ ਹੈ, ਉਹ ਲਿਆ ਕੇ (ਆਪਣੀ ਕਾਇਆਂ-ਇਸਤ੍ਰੀ ਨੂੰ) ਵਿਖਾ ਦੇਂਦਾ ਹੈ । (ਪਰ ਇਸ ਦੌੜ-ਭੱਜ ਵਿਚ ਇਸ ਨੂੰ) ਨਾਮ-ਪਦਾਰਥ ਨਹੀਂ ਲੱਭ ਸਕਦਾ, (ਨਾਮ-ਪਦਾਰਥ ਤੋਂ ਬਿਨਾ) ਕਾਇਆਂ-ਇਸਤ੍ਰੀ ਦੀ (ਮਾਇਆ ਵਾਲੀ) ਭੁੱਖ ਤ੍ਰੇਹ ਟਿਕੀ ਰਹਿੰਦੀ ਹੈ ।੩।

ਹੇ ਭਾਈ! ਕਾਇਆਂ-ਇਸਤ੍ਰੀ ਦੋਵੇਂ ਹੱਥ ਜੋੜਦੀ ਹੈ ਤੇ (ਜੀਵਾਤਮਾ-ਪਤੀ ਅੱਗੇ) ਬੇਨਤੀ ਕਰਦੀ ਰਹਿੰਦੀ ਹੈ—ਹੇ ਪਿਆਰੇ! (ਮੈਨੂੰ ਛੱਡ ਕੇ) ਕਿਸੇ ਹੋਰ ਦੇਸ ਵਿਚ ਨਾਹ ਤੁਰ ਜਾਈਂ, ਮੇਰੇ ਹੀ ਇਸ ਘਰ ਵਿਚ ਟਿਕਿਆ ਰਹੀਂ । ਇਸੇ ਘਰ ਵਿਚ ਕੋਈ ਐਸਾ ਵਣਜ ਕਰਦਾ ਰਹੁ, ਜਿਸ ਨਾਲ ਮੇਰੀ ਭੁੱਖ ਤ੍ਰੇਹ ਮਿਟਦੀ ਰਹੇ (ਮੇਰੀਆਂ ਲੋੜਾਂ ਪੂਰੀਆਂ ਹੁੰਦੀਆਂ ਰਹਿਣ) ।੪।

ਪਰ, ਹੇ ਭਾਈ! ਸਦਾ ਤੋਂ ਹੀ ਲੋਕ ਮਿਥੇ ਹੋਏ ਧਾਰਮਿਕ ਕਰਮ ਕਰਦੇ ਆਏ ਹਨ । ਹਰਿ-ਨਾਮ ਦੇ ਸੁਆਦ ਤੋਂ ਬਿਨਾ ਕਿਸੇ ਨੂੰ ਭੀ ਰਤਾ ਭਰ ਸੁਖ ਨਹੀਂ ਲੱਭਾ । ਹੇ ਨਾਨਕ! ਜਦੋਂ ਸਾਧ ਸੰਗਤਿ ਵਿਚ ਪਰਮਾਤਮਾ ਦੀ ਕਿਰਪਾ ਹੁੰਦੀ ਹੈ ਤਾਂ ਇਹ ਜੀਵਾਤਮਾ ਤੇ ਕਾਇਆਂ ਮਿਲ ਕੇ (ਨਾਮ ਦੀ ਬਰਕਤਿ ਨਾਲ) ਆਤਮਕ ਆਨੰਦ ਮਾਣਦੇ ਹਨ ।੫।

ਧਨ ਅੰਧੀ ਪਿਰੁ ਚਪਲੁ ਸਿਆਨਾ ॥ ਪੰਚ ਤਤੁ ਕਾ ਰਚਨੁ ਰਚਾਨਾ ॥ ਜਿਸੁ ਵਖਰ ਕਉ ਤੁਮ ਆਏ ਹਹੁ ਸੋ ਪਾਇਓ ਸਤਿਗੁਰ ਪਾਸਾ ਹੇ ॥੬॥ ਧਨ ਕਹੈ ਤੂ ਵਸੁ ਮੈ ਨਾਲੇ ॥ ਪ੍ਰਿਅ ਸੁਖਵਾਸੀ ਬਾਲ ਗੁਪਾਲੇ ॥ ਤੁਝੈ ਬਿਨਾ ਹਉ ਕਿਤ ਹੀ ਨ ਲੇਖੈ ਵਚਨੁ ਦੇਹਿ ਛੋਡਿ ਨ ਜਾਸਾ ਹੇ ॥੭॥ ਪਿਰਿ ਕਹਿਆ ਹਉ ਹੁਕਮੀ ਬੰਦਾ ॥ ਓਹੁ ਭਾਰੋ ਠਾਕੁਰੁ ਜਿਸੁ ਕਾਣਿ ਨ ਛੰਦਾ ॥ ਜਿਚਰੁ ਰਾਖੈ ਤਿਚਰੁ ਤੁਮ ਸੰਗਿ ਰਹਣਾ ਜਾ ਸਦੇ ਤ ਊਠਿ ਸਿਧਾਸਾ ਹੇ ॥੮॥ ਜਉ ਪ੍ਰਿਅ ਬਚਨ ਕਹੇ ਧਨ ਸਾਚੇ ॥ ਧਨ ਕਛੂ ਨ ਸਮਝੈ ਚੰਚਲਿ ਕਾਚੇ ॥ ਬਹੁਰਿ ਬਹੁਰਿ ਪਿਰ ਹੀ ਸੰਗੁ ਮਾਗੈ ਓਹੁ ਬਾਤ ਜਾਨੈ ਕਰਿ ਹਾਸਾ ਹੇ ॥੯॥ ਆਈ ਆਗਿਆ ਪਿਰਹੁ ਬੁਲਾਇਆ ॥ ਨਾ ਧਨ ਪੁਛੀ ਨ ਮਤਾ ਪਕਾਇਆ ॥ ਊਠਿ ਸਿਧਾਇਓ ਛੂਟਰਿ ਮਾਟੀ ਦੇਖੁ ਨਾਨਕ ਮਿਥਨ ਮੋਹਾਸਾ ਹੇ ॥੧੦॥ {ਪੰਨਾ ੧੦੭੩}

ਪਦ ਅਰਥ :—ਧਨ—ਕਾਇਆਂ (-ਇਸਤ੍ਰੀ) । ਅੰਧੀ—ਮਾਇਆ-ਗ੍ਰਸੀ, ਮਾਇਆ ਦੇ ਮੋਹ ਵਿਚ ਅੰਨ੍ਹੀ । ਪਿਰੁ—ਜੀਵਾਤਮਾ-ਪਤੀ । ਚਪਲੁ—ਚੰਚਲ । ਸਿਆਨਾ—ਚਤੁਰ । ਪੰਚ ਤਤੁ ਕਾ ਰਚਨੁ—ਦੁਨੀਆ ਵਾਲੀ ਖੇਡ । ਰਚਾਨਾ—ਖੇਡ ਰਿਹਾ ਹੈ । ਵਖਰੁ ਕਉ—ਨਾਮ-ਪਦਾਰਥ ਵਾਸਤੇ ।੬।

ਮੈ ਨਾਲੇ—ਮੇਰੇ ਨਾਲ । ਪ੍ਰਿਅ ਸੁਖਵਾਸੀ—ਹੇ ਸੁਖ-ਰਹਿਣੇ ਪਿਆਰੇ । ਬਾਲ ਗੁਪਾਲੇ—ਹੇ ਲਾਡੂਲੇ ਸੱਜਣ! ਹਉ—ਮੈਂ । ਕਿਤ ਹੀ—{ਕ੍ਰਿਆ ਵਿਸ਼ੇਸ਼ਣ 'ਹੀ' ਦੇ ਕਾਰਨ ਲਫ਼ਜ਼ 'ਕਿਤੁ' ਦਾ ੁ ਉੱਡ ਗਿਆ ਹੈ} । ਕਿਤ ਹੀ ਲੇਖੈ—ਕਿਸੇ ਹੀ ਲੇਖੇ ਵਿਚ, ਕਾਸੇ ਜੋਗੀ । ਵਚਨੁ ਦੇਹਿ—ਇਕਰਾਰ ਕਰ । ਨ ਜਾਸਾ—ਨਾ ਜਾਸਾਂ, ਨਹੀਂ ਜਾਵਾਂਗਾ ।੭।

ਪਿਰਿ—ਪਿਰ ਨੇ । ਹਉ—ਮੈਂ । ਕਾਣਿ—ਡਰ । ਛੰਦਾ—ਮੁਥਾਜੀ । ਜਿਚਰੁ—ਜਿਤਨਾ ਚਿਰ । ਸਦੇ—ਸੱਦੇ । ਜਾ—ਜਦੋਂ । ਸਿਧਾਸਾ—ਸਿਧਾਸਾਂ, ਮੈਂ ਚਲਾ ਜਾਵਾਂਗਾ ।੮।

ਜਾ—ਜਦੋਂ । ਕਹੇ—ਆਖਦਾ ਹੈ । ਪ੍ਰਿਅ—ਪਿਆਰਾ (ਜੀਵਾਤਮਾ) । ਬਹੁਰਿ ਬਹੁਰਿ—ਮੁੜ ਮੁੜ । ਸੰਗੁ—ਸਾਥ । ਓਹੁ—{ਪੁਲਿੰਗ} ਜੀਵਾਤਮਾ । ਹਾਸਾ—ਮਖ਼ੌਲ ।੯।

ਆਗਿਆ ਪਿਰਹੁ—ਪ੍ਰਭੂ-ਪਤੀ ਵਲੋਂ ਹੁਕਮ । ਮਤਾ—ਸਲਾਹ । ਊਠਿ—ਉੱਠ ਕੇ । ਛੂਟਰਿ—ਛੁੱਟੜ । ਮਿਥਨ ਮੋਹਾਸਾ—ਮੋਹ ਦਾ ਝੂਠਾ ਪਸਾਰਾ ।੧੦।

ਅਰਥ :—ਹੇ ਭਾਈ! ਮਾਇਆ-ਗ੍ਰਸੀ ਕਾਇਆਂ ਦੀ ਸੰਗਤਿ ਵਿਚ ਜੀਵਾਤਮਾ ਚੰਚਲ ਚਤੁਰ ਹੋ ਕੇ ਦੁਨੀਆ ਦੀ ਖੇਡ ਹੀ ਖੇਡ ਰਿਹਾ ਹੈ । ਹੇ ਭਾਈ! ਜਿਸ (ਨਾਮ-) ਪਦਾਰਥ ਦੀ ਖ਼ਾਤਰ ਤੁਸੀ ਜਗਤ ਵਿਚ ਆਏ ਹੋ, ਉਹ ਪਦਾਰਥ ਗੁਰੂ ਪਾਸੋਂ ਮਿਲਦਾ ਹੈ ।੬।

ਹੇ ਭਾਈ! ਕਾਇਆਂ (ਜੀਵਾਤਮਾ ਨੂੰ) ਆਖਦੀ ਰਹਿੰਦੀ ਹੈ—ਹੇ ਪਿਆਰੇ ਤੇ ਸੁਖ-ਰਹਿਣੇ ਲਾਡੂਲੇ ਪਤੀ! ਤੂੰ ਸਦਾ ਮੇਰੇ ਨਾਲ ਵੱਸਦਾ ਰਹੁ । ਤੈਥੋਂ ਬਿਨਾ ਮੇਰਾ ਕੁਝ ਭੀ ਮੁੱਲ ਨਹੀਂ ਹੈ । (ਮੇਰੇ ਨਾਲ) ਇਕਰਾਰ ਕਰ ਕਿ ਮੈਂ ਤੈਨੂੰ ਛੱਡ ਕੇ ਨਹੀਂ ਜਾਵਾਂਗਾ ।੭।

ਹੇ ਭਾਈ! (ਜਦੋਂ ਭੀ ਕਾਇਆਂ-ਇਸਤ੍ਰੀ ਨੇ ਇਹ ਤਰਲਾ ਲਿਆ, ਤਦੋਂ ਹੀ) ਜੀਵਾਤਮਾ-ਪਤੀ ਨੇ ਆਖਿਆ—ਮੈਂ ਤਾਂ (ਉਸ ਪਰਮਾਤਮਾ ਦੇ) ਹੁਕਮ ਵਿਚ ਤੁਰਨ ਵਾਲਾ ਗ਼ੁਲਾਮ ਹਾਂ । ਉਹ ਬੜਾ ਵੱਡਾ ਮਾਲਕ ਹੈ, ਉਸ ਨੂੰ ਕਿਸੇ ਦਾ ਡਰ ਨਹੀਂ ਉਸ ਨੂੰ ਕਿਸੇ ਦੀ ਮੁਥਾਜੀ ਨਹੀਂ । ਜਿਤਨਾ ਚਿਰ ਉਹ ਮੈਨੂੰ ਤੇਰੇ ਨਾਲ ਰੱਖੇਗਾ, ਮੈਂ ਉਤਨਾ ਚਿਰ ਰਹਿ ਸਕਦਾ ਹਾਂ । ਜਦੋਂ ਸੱਦੇਗਾ, ਤਦੋਂ ਮੈਂ ਉੱਠ ਕੇ ਤੁਰ ਪਵਾਂਗਾ ।੮।

ਹੇ ਭਾਈ! ਜਦੋਂ ਭੀ ਜੀਵਾਤਮਾ ਇਹ ਸੱਚੇ ਬਚਨ ਕਾਇਆਂ-ਇਸਤ੍ਰੀ ਨੂੰ ਆਖਦਾ ਹੈ, ਉਹ ਚੰਚਲ ਤੇ ਅਕਲ ਦੀ ਕੱਚੀ ਕੁਝ ਭੀ ਨਹੀਂ ਸਮਝਦੀ । ਉਹ ਮੁੜ ਮੁੜ ਜੀਵਾਤਮਾ-ਪਤੀ ਦਾ ਸਾਥ ਹੀ ਮੰਗਦੀ ਹੈ, ਤੇ, ਜੀਵਾਤਮਾ ਉਸ ਦੀ ਗੱਲ ਨੂੰ ਮਖ਼ੌਲ ਸਮਝ ਛੱਡਦਾ ਹੈ ।੯।

ਹੇ ਭਾਈ! ਜਦੋਂ ਪਤੀ-ਪਰਮਾਤਮਾ ਵਲੋਂ ਹੁਕਮ ਆਉਂਦਾ ਹੈ, ਜਦੋਂ ਉਹ ਸੱਦਾ ਭੇਜਦਾ ਹੈ, ਜੀਵਾਤਮਾ ਨਾਹ ਹੀ ਕਾਇਆਂ-ਇਸਤ੍ਰੀ ਨੂੰ ਪੁੱਛਦਾ ਹੈ, ਨਾਹ ਹੀ ਉਸ ਨਾਲ ਸਲਾਹ ਕਰਦਾ ਹੈ । ਉਹ ਕਾਇਆਂ-ਮਿੱਟੀ ਨੂੰ ਛੁੱਟੜ ਕਰ ਕੇ ਉੱਠ ਕੇ ਤੁਰ ਪੈਂਦਾ ਹੈ । ਹੇ ਨਾਨਕ! ਵੇਖ, ਇਹ ਹੈ ਮੋਹ ਦਾ ਝੂਠਾ ਪਸਾਰਾ ।੧੦।

ਰੇ ਮਨ ਲੋਭੀ ਸੁਣਿ ਮਨ ਮੇਰੇ ॥ ਸਤਿਗੁਰੁ ਸੇਵਿ ਦਿਨੁ ਰਾਤਿ ਸਦੇਰੇ ॥ ਬਿਨੁ ਸਤਿਗੁਰ ਪਚਿ ਮੂਏ ਸਾਕਤ ਨਿਗੁਰੇ ਗਲਿ ਜਮ ਫਾਸਾ ਹੇ ॥੧੧॥ ਮਨਮੁਖਿ ਆਵੈ ਮਨਮੁਖਿ ਜਾਵੈ ॥ ਮਨਮੁਖਿ ਫਿਰਿ ਫਿਰਿ ਚੋਟਾ ਖਾਵੈ ॥ ਜਿਤਨੇ ਨਰਕ ਸੇ ਮਨਮੁਖਿ ਭੋਗੈ ਗੁਰਮੁਖਿ ਲੇਪੁ ਨ ਮਾਸਾ ਹੇ ॥੧੨॥ ਗੁਰਮੁਖਿ ਸੋਇ ਜਿ ਹਰਿ ਜੀਉ ਭਾਇਆ ॥ ਤਿਸੁ ਕਉਣੁ ਮਿਟਾਵੈ ਜਿ ਪ੍ਰਭਿ ਪਹਿਰਾਇਆ ॥ ਸਦਾ ਅਨੰਦੁ ਕਰੇ ਆਨੰਦੀ ਜਿਸੁ ਸਿਰਪਾਉ ਪਇਆ ਗਲਿ ਖਾਸਾ ਹੇ ॥੧੩॥ ਹਉ ਬਲਿਹਾਰੀ ਸਤਿਗੁਰ ਪੂਰੇ ॥ ਸਰਣਿ ਕੇ ਦਾਤੇ ਬਚਨ ਕੇ ਸੂਰੇ ॥ ਐਸਾ ਪ੍ਰਭੁ ਮਿਲਿਆ ਸੁਖਦਾਤਾ ਵਿਛੁੜਿ ਨ ਕਤ ਹੀ ਜਾਸਾ ਹੇ ॥੧੪॥ ਗੁਣ ਨਿਧਾਨ ਕਿਛੁ ਕੀਮ ਨ ਪਾਈ ॥ ਘਟਿ ਘਟਿ ਪੂਰਿ ਰਹਿਓ ਸਭ ਠਾਈ ॥ ਨਾਨਕ ਸਰਣਿ ਦੀਨ ਦੁਖ ਭੰਜਨ ਹਉ ਰੇਣ ਤੇਰੇ ਜੋ ਦਾਸਾ ਹੇ ॥੧੫॥੧॥੨॥ {ਪੰਨਾ ੧੦੭੩}

ਪਦ ਅਰਥ :— ਸੇਵਿ—ਸਰਨ ਪਿਆ ਰਹੁ । ਸਦੇਰੇ—ਸਦਾ ਹੀ । ਪਚਿ—(ਵਿਕਾਰਾਂ ਦੀ ਅੱਗ ਵਿਚ) ਸੜ ਕੇ । ਮੂਏ—ਆਤਮਕ ਮੌਤ ਸਹੇੜ ਬੈਠੇ । ਸਾਕਤ ਗਲਿ—ਸਾਕਤ ਦੇ ਗਲ ਵਿਚ, ਪਰਮਾਤਮਾ ਤੋਂ ਟੁੱਟੇ ਮਨੁੱਖ ਦੇ ਗਲ ਵਿਚ । ਜਮ ਫਾਸਾ—ਜਮ ਦਾ ਫਾਹਾ ।੧੧।

ਮਨਮੁਖਿ—ਆਪਣੇ ਮਨ ਦੇ ਪਿੱਛੇ ਤੁਰਨ ਵਾਲਾ ਮਨੁੱਖ । ਆਵੈ—ਜੰਮਦਾ ਹੈ । ਜਾਵੈ—ਮਰਦਾ ਹੈ । ਖਾਵੈ—ਖਾਂਦਾ ਰਹਿੰਦਾ ਹੈ । ਸੇ—ਉਹ {ਬਹੁ-ਵਚਨ} । ਗੁਰਮੁਖਿ—ਗੁਰੂ ਦੇ ਸਨਮੁਖ ਰਹਿਣ ਵਾਲਾ ਮਨੁੱਖ । ਲੇਪੁ—ਲਬੇੜ, ਅਸਰ । ਮਾਸਾ—ਰਤਾ ਭੀ ।੧੨।

ਸੋਇ—ਉਹੀ ਮਨੁੱਖ । ਜਿ—ਜਿਹੜਾ । ਭਾਇਆ—ਚੰਗਾ ਲੱਗਾ । ਪ੍ਰਭਿ—ਪ੍ਰਭੂ ਨੇ । ਪਹਿਰਾਇਆ—ਸਿਰੋਪਾਉ ਦਿੱਤਾ, ਸਤਿਕਾਰਿਆ । ਆਨੰਦੀ—ਆਨੰਦ-ਦਾਤੇ ਨੂੰ (ਮਿਲ ਕੇ) । ਜਿਸੁ ਗਲਿ—ਜਿਸ ਦੇ ਗਲ ਵਿਚ । ਸਿਰਪਾਉ ਖਾਸਾ—ਵਧੀਆ ਸਿਰੋਪਾਉ ।੧੩।

ਹਉ—ਮੈਂ । ਸੂਰੇ—ਸੂਰਮੇ । ਬਚਨ ਕੇ ਸੂਰੇ—ਸੂਰਮਿਆਂ ਵਾਂਗ ਆਪਣੇ ਬਚਨ ਉੱਤੇ ਕਾਇਮ ਰਹਿਣ ਵਾਲੇ ।੧੪।

ਗੁਣ ਨਿਧਾਨ—ਗੁਣਾਂ ਦਾ ਖ਼ਜ਼ਾਨਾ । ਕੀਮ—ਕੀਮਤ, ਕਦਰ । ਘਟਿ ਘਟਿ—ਹਰੇਕ ਸਰੀਰ ਵਿਚ । ਸਭ ਠਾਈ—ਸਭ ਥਾਵਾਂ ਵਿਚ । ਦੀਨ ਦੁਖ ਭੰਜਨ—ਹੇ

ਦੀਨਾਂ ਦੇ ਦੁੱਖ ਨਾਸ ਕਰਨ ਵਾਲੇ! ਹਉ—ਮੈਂ । ਰੇਣ—ਚਰਨ-ਧੂੜ ।੧੫।

ਅਰਥ :—ਹੇ ਮੇਰੇ ਲੋਭੀ ਮਨ! (ਮੇਰੀ ਗੱਲ) ਸੁਣ; ਦਿਨ ਰਾਤ ਸਦਾ ਹੀ ਗੁਰੂ ਦੀ ਸਰਨ ਪਿਆ ਰਹੁ । ਗੁਰੂ ਦੀ ਸਰਨ ਤੋਂ ਬਿਨਾ ਸਾਕਤ ਨਿਗੁਰੇ ਮਨੁੱਖ (ਵਿਕਾਰਾਂ ਦੀ ਅੱਗ ਵਿਚ) ਸੜ ਕੇ ਆਤਮਕ ਮੌਤ ਸਹੇੜੀ ਰੱਖਦੇ ਹਨ । ਉਹਨਾਂ ਦੇ ਗਲ ਵਿਚ ਜਮਰਾਜ ਦਾ (ਇਹ) ਫਾਹਾ ਪਿਆ ਰਹਿੰਦਾ ਹੈ ।੧੧।

ਹੇ ਭਾਈ! ਆਪਣੇ ਮਨ ਦੇ ਪਿੱਛੇ ਤੁਰਨ ਵਾਲਾ ਮਨੁੱਖ ਜੰਮਦਾ ਹੈ ਮਰਦਾ ਹੈ, ਮੁੜ ਮੁੜ ਜਨਮ ਮਰਨ ਦੇ ਇਸ ਗੇੜ ਦੀਆਂ ਚੋਟਾਂ ਖਾਂਦਾ ਰਹਿੰਦਾ ਹੈ । ਮਨ ਦਾ ਮੁਰੀਦ ਸਾਰੇ ਹੀ ਨਰਕਾਂ ਦੇ ਦੁੱਖ ਭੋਗਦਾ ਹੈ । ਪਰ ਗੁਰੂ ਦੇ ਸਨਮੁਖ ਰਹਿਣ ਵਾਲੇ ਮਨੁੱਖ ਉੱਤੇ ਇਹਨਾਂ ਦਾ ਰਤਾ ਭੀ ਅਸਰ ਨਹੀਂ ਪੈਂਦਾ ।੧੨।

ਹੇ ਭਾਈ! ਉਸੇ ਮਨੁੱਖ ਨੂੰ ਗੁਰੂ ਦੇ ਸਨਮੁਖ ਜਾਣੋ ਜਿਹੜਾ ਪਰਮਾਤਮਾ ਨੂੰ ਚੰਗਾ ਲੱਗ ਗਿਆ । ਜਿਸ (ਅਜਿਹੇ) ਮਨੁੱਖ ਨੂੰ ਪਰਮਾਤਮਾ ਨੇ ਆਪ ਆਦਰ-ਸਤਕਾਰ ਦਿੱਤਾ, ਉਸ ਦੀ ਇਸ ਸੋਭਾ ਨੂੰ ਕੋਈ ਮਿਟਾ ਨਹੀਂ ਸਕਦਾ । ਜਿਸ ਮਨੁੱਖ ਦੇ ਗਲ ਵਿਚ ਕਰਤਾਰ ਵੱਲੋਂ ਸੋਹਣਾ ਸਿਰੋਪਾਉ ਪੈ ਗਿਆ, ਉਹ ਆਨੰਦ-ਸਰੂਪ ਪਰਮਾਤਮਾ ਦੇ ਚਰਨਾਂ ਵਿਚ ਜੁੜ ਕੇ ਸਦਾ ਆਤਮਕ ਆਨੰਦ ਮਾਣਦਾ ਹੈ ।੧੩।

ਹੇ ਭਾਈ! ਮੈਂ ਪੂਰੇ ਗੁਰੂ ਤੋਂ ਸਦਕੇ ਜਾਂਦਾ ਹਾਂ । ਗੁਰੂ ਸਰਨ ਪਏ ਦੀ ਸਹਾਇਤਾ ਕਰਨ ਜੋਗਾ ਹੈ, ਗੁਰੂ ਸੂਰਮਿਆਂ ਵਾਂਗ ਬਚਨ ਪਾਲਣ ਵਾਲਾ ਹੈ । (ਪੂਰੇ ਗੁਰੂ ਦੀ ਮਿਹਰ ਨਾਲ ਮੈਨੂੰ) ਅਜਿਹਾ ਸੁਖਾਂ ਦਾ ਦਾਤਾ ਪਰਮਾਤਮਾ ਮਿਲ ਗਿਆ ਹੈ, ਕਿ ਉਸ ਦੇ ਚਰਨਾਂ ਤੋਂ ਵਿੱਛੁੜ ਕੇ ਮੈਂ ਹੋਰ ਕਿਤੇ ਭੀ ਨਹੀਂ ਜਾਵਾਂਗਾ ।੧੪।

ਹੇ ਗੁਣਾਂ ਦੇ ਖ਼ਜ਼ਾਨੇ ਪ੍ਰਭੂ! ਤੇਰੀ ਕੀਮਤ ਨਹੀਂ ਪੈ ਸਕਦੀ । ਤੂੰ ਸਭਨੀਂ ਥਾਈਂ ਹਰੇਕ ਸਰੀਰ ਵਿਚ ਵਿਆਪਕ ਹੈਂ । ਹੇ ਨਾਨਕ! (ਆਖ—) ਹੇ ਦੀਨਾਂ ਦੇ ਦੁੱਖ ਨਾਸ ਕਰਨ ਵਾਲੇ! ਮਿਹਰ ਕਰ, ਮੈਂ ਉਹਨਾਂ (ਦੇ ਚਰਨਾਂ) ਦੀ ਧੂੜ ਬਣਿਆ ਰਹਾਂ ਜੋ ਤੇਰੇ ਦਾਸ ਹਨ ।੧੫।੧।੨।

ਮਾਰੂ ਸੋਲਹੇ ਮਹਲਾ ੫

ੴ ਸਤਿਗੁਰ ਪ੍ਰਸਾਦਿ ॥ ਕਰੈ ਅਨੰਦੁ ਅਨੰਦੀ ਮੇਰਾ ॥ ਘਟਿ ਘਟਿ ਪੂਰਨੁ ਸਿਰ ਸਿਰਹਿ ਨਿਬੇਰਾ ॥ ਸਿਰਿ ਸਾਹਾ ਕੈ ਸਚਾ ਸਾਹਿਬੁ ਅਵਰੁ ਨਾਹੀ ਕੋ ਦੂਜਾ ਹੇ ॥੧॥ ਹਰਖਵੰਤ ਆਨੰਤ ਦਇਆਲਾ ॥ ਪ੍ਰਗਟਿ ਰਹਿਓ ਪ੍ਰਭੁ ਸਰਬ ਉਜਾਲਾ ॥ ਰੂਪ ਕਰੇ ਕਰਿ ਵੇਖੈ ਵਿਗਸੈ ਆਪੇ ਹੀ ਆਪਿ ਪੂਜਾ ਹੇ ॥੨॥ ਆਪੇ ਕੁਦਰਤਿ ਕਰੇ ਵੀਚਾਰਾ ॥ ਆਪੇ ਹੀ ਸਚੁ ਕਰੇ ਪਸਾਰਾ ॥ ਆਪੇ ਖੇਲ ਖਿਲਾਵੈ ਦਿਨੁ ਰਾਤੀ ਆਪੇ ਸੁਣਿ ਸੁਣਿ ਭੀਜਾ ਹੇ ॥੩॥ ਸਾਚਾ ਤਖਤੁ ਸਚੀ ਪਾਤਿਸਾਹੀ ॥ ਸਚੁ ਖਜੀਨਾ ਸਾਚਾ ਸਾਹੀ ॥ ਆਪੇ ਸਚੁ ਧਾਰਿਓ ਸਭੁ ਸਾਚਾ ਸਚੇ ਸਚਿ ਵਰਤੀਜਾ ਹੇ ॥੪॥ {ਪੰਨਾ ੧੦੭੩}

ਪਦ ਅਰਥ :—ਕਰੈ ਅਨੰਦੁ—ਖ਼ੁਸ਼ ਹੋ ਰਿਹਾ ਹੈ । ਅਨੰਦੀ—ਆਨੰਦ ਦਾ ਮਾਲਕ ਪਰਮਾਤਮਾ । ਘਟਿ ਘਟਿ—ਹਰੇਕ ਘਟ ਵਿਚ । ਪੂਰਨੁ—ਵਿਆਪਕ । ਸਿਰ ਸਿਰਹਿ—ਹਰੇਕ ਦੇ ਸਿਰ ਉੱਤੇ, ਹਰੇਕ ਦੇ ਕੀਤੇ ਕਰਮਾਂ ਅਨੁਸਾਰ । ਨਿਬੇਰਾ—ਫ਼ੈਸਲਾ, ਨਿਬੇੜਾ । ਸਿਰਿ ਸਾਹਾ ਕੈ—ਸ਼ਾਹਾਂ ਕੈ ਸਿਰਿ, ਸ਼ਾਹਾਂ ਦੇ ਸਿਰ ਉੱਤੇ । ਸਚਾ—ਸਦਾ ਕਾਇਮ ਰਹਿਣ ਵਾਲਾ । ਸਾਹਿਬੁ—ਮਾਲਕ ।੧।

ਹਰਖ—ਖ਼ੁਸ਼ੀ । ਹਰਖਵੰਤ—ਖ਼ੁਸ਼ੀ ਦਾ ਮਾਲਕ । ਆਨੰਤ—ਅਨੰਤ, ਜਿਸ ਦਾ ਅੰਤ ਨਹੀਂ ਪਾਇਆ ਜਾ ਸਕਦਾ । ਉਜਾਲਾ—ਰੌਸ਼ਨੀ, ਚਾਨਣ । ਪ੍ਰਗਟਿ ਰਹਿਓ—ਪਰਗਟ ਹੋ ਰਿਹਾ ਹੈ । ਕਰੇ ਕਰਿ—ਕਰਿ ਕਰਿ, ਕਰ ਕਰ ਕੇ । ਵਿਗਸੈ—ਖਿੜ ਰਿਹਾ ਹੈ, ਖ਼ੁਸ਼ ਹੋ ਰਿਹਾ ਹੈ ।੨।

ਕਰੇ—ਕਰਿ, ਰਚ ਕੇ । ਵੀਚਾਰਾ—ਖ਼ਿਆਲ, ਸੰਭਾਲ । ਸਚੁ—ਸਦਾ ਕਾਇਮ ਰਹਿਣ ਵਾਲਾ ਪਰਮਾਤਮਾ । ਪਸਾਰਾ—ਜਗਤ-ਖਿਲਾਰਾ । ਸੁਣਿ—ਸੁਣ ਕੇ । ਭੀਜਾ—ਪ੍ਰਸੰਨ ਹੁੰਦਾ ਹੈ ।੩।

ਸਚੀ—ਸਦਾ ਕਾਇਮ ਰਹਿਣ ਵਾਲੀ । ਖਜੀਨਾ—ਖ਼ਜ਼ਾਨਾ । ਸਾਹੀ—ਸ਼ਾਹ । ਆਪੇ ਸਚੁ—ਸਦਾ-ਥਿਰ ਹੈ ਆਪ ਹੀ । ਸਭੁ—ਸਾਰਾ ਜਗਤ । ਸਚੇ ਸਚਿ—ਸਦਾ-ਥਿਰ (ਹੁਕਮ) ਦੀ ਰਾਹੀਂ । ਵਰਤੀਜਾ—ਵਰਤਣ-ਵਿਹਾਰ ਕਰ ਰਿਹਾ ਹੈ ।੪।

ਅਰਥ :—ਹੇ ਭਾਈ! ਖ਼ੁਸ਼ੀਆਂ ਦਾ ਮਾਲਕ ਮੇਰਾ ਪ੍ਰਭੂ (ਆਪ ਹੀ ਹਰ ਥਾਂ) ਖ਼ੁਸ਼ੀ ਮਾਣ ਰਿਹਾ ਹੈ । ਹਰੇਕ ਸਰੀਰ ਵਿਚ ਉਹ ਵਿਆਪਕ ਹੈ । ਹਰੇਕ ਜੀਵ ਦੇ ਕੀਤੇ ਕਰਮਾਂ ਅਨੁਸਾਰ ਫ਼ੈਸਲਾ ਕਰਦਾ ਹੈ । (ਦੁਨੀਆ ਦੇ) ਬਾਦਸ਼ਾਹਾਂ ਦੇ ਭੀ ਸਿਰ ਉੱਤੇ ਉਹ ਸਦਾ-ਥਿਰ ਪਰਮਾਤਮਾ ਹੈ । ਕੋਈ ਹੋਰ (ਉਸ ਦੇ ਬਰਾਬਰ ਦਾ) ਨਹੀਂ ਹੈ ।੧।

ਹੇ ਭਾਈ! ਬੇਅੰਤ ਪਰਮਾਤਮਾ ਖ਼ੁਸ਼ੀਆਂ ਦਾ ਮਾਲਕ ਹੈ, ਦਇਆ ਦਾ ਘਰ ਹੈ । ਹਰ ਥਾਂ ਪਰਗਟ ਹੋ ਰਿਹਾ ਹੈ, ਸਭਨਾਂ ਵਿਚ ਉਹ ਹੀ (ਆਪਣੀ ਜੋਤਿ ਦਾ) ਚਾਨਣ ਕਰ ਰਿਹਾ ਹੈ । ਅਨੇਕਾਂ ਹੀ ਰੂਪ ਬਣਾ ਬਣਾ ਕੇ (ਸਭਨਾਂ ਦੀ) ਸੰਭਾਲ ਕਰ ਰਿਹਾ ਹੈ, ਤੇ ਖ਼ੁਸ਼ ਹੋ ਰਿਹਾ ਹੈ, (ਸਭ ਵਿਚ ਵਿਆਪਕ ਹੈ) ਆਪ ਹੀ (ਆਪਣੀ) ਪੂਜਾ ਕਰ ਰਿਹਾ ਹੈ ।੨।

ਹੇ ਭਾਈ! ਪਰਮਾਤਮਾ ਆਪ ਹੀ ਇਹ ਕੁਦਰਤਿ ਰਚਦਾ ਹੈ ਆਪ ਹੀ ਇਸ ਦੀ ਸੰਭਾਲ ਕਰਦਾ ਹੈ । ਉਹ ਸਦਾ-ਥਿਰ ਪ੍ਰਭੂ ਆਪ ਹੀ ਜਗਤ-ਖਿਲਾਰਾ ਬਣਾ ਰਿਹਾ ਹੈ । ਦਿਨ ਰਾਤ ਹਰ ਵੇਲੇ ਉਹ ਆਪ ਹੀ (ਜੀਵਾਂ ਨੂੰ) ਖੇਡਾਂ ਖਿਡਾ ਰਿਹਾ ਹੈ । ਆਪ ਹੀ (ਜੀਵਾਂ ਦੀਆਂ ਅਰਜ਼ੋਈਆਂ) ਸੁਣ ਸੁਣ ਕੇ ਖ਼ੁਸ਼ ਹੁੰਦਾ ਹੈ ।੩।

ਹੇ ਭਾਈ! ਉਹ ਪਰਮਾਤਮਾ ਸਦਾ ਕਾਇਮ ਰਹਿਣ ਵਾਲਾ ਸ਼ਾਹਨਸ਼ਾਹ ਹੈ, ਉਸ ਦਾ ਖ਼ਜ਼ਾਨਾ ਸਦਾ ਕਾਇਮ ਰਹਿਣ ਵਾਲਾ ਹੈ, ਉਸ ਦੀ ਪਾਤਿਸ਼ਾਹੀ ਸਦਾ ਕਾਇਮ ਰਹਿਣ ਵਾਲੀ ਹੈ, ਉਸ ਦਾ ਤਖ਼ਤ ਸਦਾ ਕਾਇਮ ਰਹਿਣ ਵਾਲਾ ਹੈ । ਉਹ ਆਪ ਹੀ ਸਦਾ ਕਾਇਮ ਰਹਿਣ ਵਾਲਾ ਹੈ । ਸਾਰੇ ਜਗਤ ਨੂੰ ਉਹ ਆਪ ਹੀ ਸਹਾਰਾ ਦੇਣ ਵਾਲਾ ਹੈ । ਆਪਣੇ ਸਦਾ-ਥਿਰ (ਨਿਯਮਾਂ ਦੀ) ਰਾਹੀਂ ਉਹ ਆਪ ਹੀ ਜਗਤ ਵਿਚ ਵਰਤਾਰਾ ਵਰਤ ਰਿਹਾ ਹੈ ।੪।

ਸਚੁ ਤਪਾਵਸੁ ਸਚੇ ਕੇਰਾ ॥ ਸਾਚਾ ਥਾਨੁ ਸਦਾ ਪ੍ਰਭ ਤੇਰਾ ॥ ਸਚੀ ਕੁਦਰਤਿ ਸਚੀ ਬਾਣੀ ਸਚੁ ਸਾਹਿਬ ਸੁਖੁ ਕੀਜਾ ਹੇ ॥੫॥ ਏਕੋ ਆਪਿ ਤੂਹੈ ਵਡ ਰਾਜਾ ॥ ਹੁਕਮਿ ਸਚੇ ਕੈ ਪੂਰੇ ਕਾਜਾ ॥ ਅੰਤਰਿ ਬਾਹਰਿ ਸਭੁ ਕਿਛੁ ਜਾਣੈ ਆਪੇ ਹੀ ਆਪਿ ਪਤੀਜਾ ਹੇ ॥੬॥ ਤੂ ਵਡ ਰਸੀਆ ਤੂ ਵਡ ਭੋਗੀ ॥ ਤੂ ਨਿਰਬਾਣੁ ਤੂਹੈ ਹੀ ਜੋਗੀ ॥ ਸਰਬ ਸੂਖ ਸਹਜ ਘਰਿ ਤੇਰੈ ਅਮਿਉ ਤੇਰੀ ਦ੍ਰਿਸਟੀਜਾ ਹੇ ॥੭॥ ਤੇਰੀ ਦਾਤਿ ਤੁਝੈ ਤੇ ਹੋਵੈ ॥ ਦੇਹਿ ਦਾਨੁ ਸਭਸੈ ਜੰਤ ਲੋਐ ॥ ਤੋਟਿ ਨ ਆਵੈ ਪੂਰ ਭੰਡਾਰੈ ਤ੍ਰਿਪਤਿ ਰਹੇ ਆਘੀਜਾ ਹੇ ॥੮॥ {ਪੰਨਾ ੧੦੭੪}

ਪਦ ਅਰਥ :—ਤਪਾਵਸੁ—ਨਿਆਂ, ਇਨਸਾਫ਼ । ਕੇਰਾ—ਦਾ । ਥਾਨੁ—ਥਾਂ, ਟਿਕਾਣਾ । ਪ੍ਰਭ—ਹੇ ਪ੍ਰਭੂ! ਬਾਣੀ—ਬਨਾਵਟ, ਨਿਯਮ । ਸਚੀ—ਅਟੱਲ ਨਿਯਮਾਂ ਵਾਲੀ । ਸਾਹਿਬ—ਹੇ ਸਾਹਿਬ! ਕੀਜਾ—ਕੀਤਾ ਹੈ ।੫।

ਵਡ—ਵੱਡਾ । ਸਚੇ ਕੈ ਹੁਕਮਿ—ਸਦਾ-ਥਿਰ ਪ੍ਰਭੂ ਦੇ ਹੁਕਮ ਵਿਚ । ਕਾਜਾ—ਕਾਰਜ, ਜੀਵਾਂ ਦੇ ਕੰਮ । ਪੂਰੇ—ਸਿਰੇ ਚੜ੍ਹਦੇ ਹਨ । ਪਤੀਜਾ—ਪਤੀਜਦਾ ਹੈ, ਸੰਤੁਸ਼ਟ ਹੁੰਦਾ ਹੈ ।੬।

ਰਸੀਆ—ਰਸ-ਆਨੰਦ ਮਾਣਨ ਵਾਲਾ । ਭੋਗੀ—ਪਦਾਰਥਾਂ ਨੂੰ ਭੋਗਣ ਵਾਲਾ । ਨਿਰਬਾਣੁ—ਵਾਸਨਾ-ਰਹਿਤ, ਨਿਰਲੇਪ । ਜੋਗੀ—ਵਿਰਕਤ । ਸਹਜ—ਆਤਮਕ ਅਡੋਲਤਾ । ਘਰਿ ਤੇਰੈ—ਤੇਰੇ ਘਰ ਵਿਚ । ਅਮਿਉ—ਅੰਮ੍ਰਿਤ । ਦ੍ਰਿਸਟੀਜਾ—ਦ੍ਰਿਸ਼ਟੀ ਵਿਚ ।੭।

ਤੁਝੈ ਤੇ—ਤੇਰੇ ਪਾਸੋਂ ਹੀ । ਦੇਹਿ—ਤੂੰ ਦੇਂਦਾ ਹੈਂ । ਲੋਐ—ਲੋਕਾਂ ਨੂੰ । ਤੋਟਿ—ਘਾਟਾ । ਭੰਡਾਰੈ—ਖ਼ਜ਼ਾਨੇ ਵਿਚ । ਤ੍ਰਿਪਤਿ ਰਹੇ ਆਘੀਜਾ—ਪੂਰਨ ਤੌਰ ਤੇ ਰੱਜੇ ਰਹਿੰਦੇ ਹਨ (ਸਾਰੇ ਜੀਵ) ।੮।

ਅਰਥ :—ਹੇ ਭਾਈ! ਸਦਾ-ਥਿਰ ਪਰਮਾਤਮਾ ਦਾ ਨਿਆਂ ਭੀ ਅਟੱਲ (ਅਭੁੱਲ) ਹੈ । ਹੇ ਪ੍ਰਭੂ! ਤੇਰਾ ਟਿਕਾਣਾ ਸਦਾ ਕਾਇਮ ਰਹਿਣ ਵਾਲਾ ਹੈ । ਹੇ ਸਾਹਿਬ! ਤੇਰੀ ਰਚੀ ਹੋਈ ਕੁਦਰਤਿ ਤੇ (ਉਸ ਦੀ) ਬਣਤਰ ਅਟੱਲ ਨਿਯਮਾਂ ਵਾਲੀ ਹੈ । ਤੂੰ ਆਪ ਹੀ (ਇਸ ਕੁਦਰਤਿ ਵਿਚ) ਅਟੱਲ ਸੁਖ ਪੈਦਾ ਕੀਤਾ ਹੋਇਆ ਹੈ ।੫।

ਹੇ ਪ੍ਰਭੂ! ਸਿਰਫ਼ ਤੂੰ ਆਪ ਹੀ ਸਭ ਤੋਂ ਵੱਡਾ ਰਾਜਾ ਹੈਂ । ਹੇ ਭਾਈ! ਸਦਾ-ਥਿਰ ਪ੍ਰਭੂ ਦੇ ਹੁਕਮ ਅਨੁਸਾਰ ਸਭ ਜੀਵਾਂ ਦੇ ਕੰਮ ਸਿਰੇ ਚੜ੍ਹਦੇ ਹਨ । ਜੋ ਕੁਝ ਜੀਵਾਂ ਦੇ ਅੰਦਰ ਵਰਤਦਾ ਹੈ ਜੋ ਕੁਝ ਬਾਹਰ ਸਾਰੇ ਜਗਤ ਵਿਚ ਹੋ ਰਿਹਾ ਹੈ ਇਹ ਸਭ ਕੁਝ ਉਹ ਆਪ ਹੀ ਜਾਣਦਾ ਹੈ, ਤੇ ਸੰਤੁਸ਼ਟ ਹੁੰਦਾ ਹੈ ।੬।

ਹੇ ਪ੍ਰਭੂ! (ਸਭ ਵਿਚ ਵਿਆਪਕ ਹੋ ਕੇ) ਤੂੰ ਸਭ ਤੋਂ ਵੱਡਾ ਰਸ ਮਾਣਨ ਵਾਲਾ ਤੇ ਭੋਗ ਭੋਗਣ ਵਾਲਾ ਹੈਂ । (ਨਿਰਾਕਾਰ ਹੁੰਦਾ ਹੋਇਆ) ਤੂੰ ਆਪ ਹੀ ਵਾਸਨਾ-ਰਹਿਤ ਜੋਗੀ ਹੈਂ । ਹੇ ਪ੍ਰਭੂ! ਆਤਮਕ ਅਡੋਲਤਾ ਦੇ ਸਾਰੇ ਆਨੰਦ ਤੇਰੇ ਘਰ ਵਿਚ ਮੌਜੂਦ ਹਨ, ਤੇਰੀ ਮਿਹਰ ਦੀ ਨਿਗਾਹ ਵਿਚ ਅੰਮ੍ਰਿਤ ਵੱਸ ਰਿਹਾ ਹੈ ।੭।

ਹੇ ਪ੍ਰਭੂ! ਜਿਤਨੀ ਦਾਤਿ ਤੂੰ ਦੇ ਰਿਹਾ ਹੈਂ ਇਹ ਤੂੰ ਹੀ ਦੇ ਸਕਦਾ ਹੈਂ । ਤੂੰ ਤਾਂ ਸਾਰੇ ਲੋਕਾਂ ਵਿਚ ਸਭ ਜੀਵਾਂ ਨੂੰ ਦਾਨ ਦੇ ਰਿਹਾ ਹੈਂ । ਤੇਰੇ ਭਰੇ ਹੋਏ ਖ਼ਜ਼ਾਨੇ ਵਿਚ ਕਦੇ ਘਾਟਾ ਨਹੀਂ ਪੈ ਸਕਦਾ । ਸਾਰੇ ਹੀ ਜੀਵ (ਤੇਰੀਆਂ ਦਾਤਾਂ ਦੀ ਬਰਕਤਿ ਨਾਲ) ਪੂਰਨ ਤੌਰ ਤੇ ਰੱਜੇ ਰਹਿੰਦੇ ਹਨ ।੮।

ਜਾਚਹਿ ਸਿਧ ਸਾਧਿਕ ਬਨਵਾਸੀ ॥ ਜਾਚਹਿ ਜਤੀ ਸਤੀ ਸੁਖਵਾਸੀ ॥ ਇਕੁ ਦਾਤਾਰੁ ਸਗਲ ਹੈ ਜਾਚਿਕ ਦੇਹਿ ਦਾਨੁ ਸ੍ਰਿਸਟੀਜਾ ਹੇ ॥੯॥ ਕਰਹਿ ਭਗਤਿ ਅਰੁ ਰੰਗ ਅਪਾਰਾ ॥ ਖਿਨ ਮਹਿ ਥਾਪਿ ਉਥਾਪਨਹਾਰਾ ॥ ਭਾਰੋ ਤੋਲੁ ਬੇਅੰਤ ਸੁਆਮੀ ਹੁਕਮੁ ਮੰਨਿ ਭਗਤੀਜਾ ਹੇ ॥੧੦॥ ਜਿਸੁ ਦੇਹਿ ਦਰਸੁ ਸੋਈ ਤੁਧੁ ਜਾਣੈ ॥ ਓਹੁ ਗੁਰ ਕੈ ਸਬਦਿ ਸਦਾ ਰੰਗ ਮਾਣੈ ॥ ਚਤੁਰੁ ਸਰੂਪੁ ਸਿਆਣਾ ਸੋਈ ਜੋ ਮਨਿ ਤੇਰੈ ਭਾਵੀਜਾ ਹੇ ॥੧੧॥ ਜਿਸੁ ਚੀਤਿ ਆਵਹਿ ਸੋ ਵੇਪਰਵਾਹਾ ॥ ਜਿਸੁ ਚੀਤਿ ਆਵਹਿ ਸੋ ਸਾਚਾ ਸਾਹਾ ॥ ਜਿਸੁ ਚੀਤਿ ਆਵਹਿ ਤਿਸੁ ਭਉ ਕੇਹਾ ਅਵਰੁ ਕਹਾ ਕਿਛੁ ਕੀਜਾ ਹੇ ॥੧੨॥ {ਪੰਨਾ ੧੦੭੪}

ਪਦ ਅਰਥ :—ਜਾਚਹਿ—ਮੰਗਦੇ ਹਨ {ਬਹੁ-ਵਚਨ} । ਸਿਧ—ਸਿੱਧ, ਜੋਗ-ਸਾਧਨਾਂ ਵਿਚ ਪੁੱਗੇ ਹੋਏ ਜੋਗੀ । ਸਾਧਿਕ—ਜੋਗ-ਸਾਧਨ ਕਰਨ ਵਾਲੇ । ਜਤੀ—ਕਾਮ-ਵਾਸਨਾ ਤੋਂ ਬਚੇ ਰਹਿਣ ਦਾ ਜਤਨ ਕਰਨ ਵਾਲੇ । ਸਤੀ—ਵਿਕਾਰਾਂ ਤੋਂ ਬਚਣ ਦਾ ਉੱਦਮ ਕਰਨ ਵਾਲੇ । ਸਗਲ—ਸਾਰੀ ਲੁਕਾਈ । ਜਾਚਿਕ—ਮੰਗਣ ਵਾਲੀ । ਦੇਹਿ—ਤੂੰ ਦੇਂਦਾ ਹੈਂ ।੯।

ਕਰਹਿ—ਕਰਦੇ ਹਨ । ਅਰੁ—ਅਤੇ । ਥਾਪਿ—ਪੈਦਾ ਕਰ ਕੇ । ਉਥਾਪਨਹਾਰਾ—ਨਾਸ ਕਰ ਸਕਣ ਵਾਲਾ । ਮੰਨਿ—ਮੰਨ ਕੇ । ਭਗਤੀਜਾ—ਭਗਤ ਬਣਦੇ ਹਨ ।੧੦।

ਦੇਹਿ—ਤੂੰ ਦੇਂਦਾ ਹੈਂ । ਸੋਈ—ਉਹੀ ਮਨੁੱਖ । ਤੁਧੁ ਜਾਣੈ—ਤੇਰੇ ਨਾਲ ਸਾਂਝ ਪਾਂਦਾ ਹੈ । ਕੈ ਸਬਦਿ—ਦੇ ਸ਼ਬਦ ਦੀ ਰਾਹੀਂ । ਤੇਰੈ ਮਨਿ—ਤੇਰੇ ਮਨ ਵਿਚ ।੧੧।

ਜਿਸੁ ਚੀਤਿ—ਜਿਸ (ਮਨੁੱਖ) ਦੇ ਚਿੱਤ ਵਿਚ । ਆਵਹਿ—ਤੂੰ ਆ ਵੱਸਦਾ ਹੈਂ । ਵੇਪਰਵਾਹਾ—ਬੇ-ਮੁਥਾਜ । ਸਾਚਾ ਸਾਹਾ—ਸੱਚਾ ਸ਼ਾਹ, ਸਦਾ ਕਾਇਮ ਰਹਿਣ ਵਾਲੇ (ਨਾਮ-) ਧਨ ਦਾ ਮਾਲਕ । ਭਉ ਕੇਹਾ—ਕੇਹਾ ਡਰ? ਕੋਈ ਡਰ ਨਹੀਂ (ਰਹਿ ਜਾਂਦਾ) ।੧੨।

ਅਰਥ :—ਹੇ ਪ੍ਰਭੂ! ਜੰਗਲਾਂ ਦੇ ਵਾਸੀ ਸਿੱਧ ਤੇ ਸਾਧਿਕ (ਤੇਰੇ ਦਰ ਤੋਂ ਹੀ) ਮੰਗਦੇ ਹਨ । ਸੁਖ-ਰਹਿਣੇ ਜਤੀ ਤੇ ਸਤੀ (ਭੀ ਤੇਰੇ ਦਰ ਤੋਂ) ਮੰਗਦੇ ਹਨ । ਤੂੰ ਇਕ ਦਾਤਾ ਹੈਂ, ਹੋਰ ਸਾਰੀ ਲੁਕਾਈ (ਤੇਰੇ ਦਰ ਤੋਂ) ਮੰਗਣ ਵਾਲੀ ਹੈ । ਤੂੰ ਸਾਰੀ ਸ੍ਰਿਸ਼ਟੀ ਨੂੰ ਦਾਨ ਦੇਂਦਾ ਹੈਂ ।੯।

ਹੇ ਭਾਈ! (ਅਨੇਕਾਂ ਭਗਤ) ਬੇਅੰਤ ਪ੍ਰਭੂ ਦੀ ਭਗਤੀ ਕਰਦੇ ਹਨ ਅਤੇ ਆਤਮਕ ਆਨੰਦ ਮਾਣਦੇ ਹਨ । ਪਰਮਾਤਮਾ ਪੈਦਾ ਕਰ ਕੇ ਇਕ ਛਿਨ ਵਿਚ ਨਾਸ ਕਰਨ ਦੀ ਸਮਰਥਾ ਰੱਖਦਾ ਹੈ । ਉਹ ਮਾਲਕ ਬੇਅੰਤ ਤਾਕਤ ਵਾਲਾ ਹੈ ਬੇਅੰਤ ਹੈ । (ਜੀਵ) ਉਸ ਦਾ ਹੁਕਮ ਮੰਨ ਕੇ ਉਸ ਦੇ ਭਗਤ ਬਣਦੇ ਹਨ ।੧੦।

ਹੇ ਪ੍ਰਭੂ! ਜਿਸ ਮਨੁੱਖ ਨੂੰ ਤੂੰ ਦਰਸਨ ਦੇਂਦਾ ਹੈਂ, ਉਹੀ ਤੇਰੇ ਨਾਲ ਸਾਂਝ ਪਾਂਦਾ ਹੈ । ਗੁਰੂ ਦੇ ਸ਼ਬਦ ਦੀ ਬਰਕਤਿ ਨਾਲ ਉਹ ਸਦਾ ਆਤਮਕ ਆਨੰਦ ਮਾਣਦਾ ਹੈ । ਉਹੀ ਮਨੁੱਖ (ਅਸਲ) ਸਿਆਣਾ ਹੈ ਸੋਹਣਾ ਹੈ ਅਕਲ ਵਾਲਾ ਹੈ, ਜਿਹੜਾ ਤੇਰੇ ਮਨ ਵਿਚ ਚੰਗਾ ਲੱਗਦਾ ਹੈ ।੧੧।

ਹੇ ਪ੍ਰਭੂ! ਜਿਸ ਮਨੁੱਖ ਦੇ ਚਿੱਤ ਵਿਚ ਤੂੰ ਆ ਵੱਸਦਾ ਹੈਂ ਉਸ ਨੂੰ ਕਿਸੇ ਦੀ ਮੁਥਾਜੀ ਨਹੀਂ ਰਹਿੰਦੀ, ਉਹ ਸਦਾ ਕਾਇਮ ਰਹਿਣ ਵਾਲੇ (ਨਾਮ-) ਧਨ ਦਾ ਮਾਲਕ ਬਣ ਜਾਂਦਾ ਹੈ, ਉਸ ਨੂੰ ਕਿਸੇ ਤਰ੍ਹਾਂ ਦਾ ਕੋਈ ਡਰ ਨਹੀਂ ਰਹਿ ਜਾਂਦਾ, ਕੋਈ ਭੀ ਉਸ ਦਾ ਕੁਝ ਵਿਗਾੜ ਨਹੀਂ ਸਕਦਾ ।੧੨।

ਤ੍ਰਿਸਨਾ ਬੁਝੀ ਅੰਤਰੁ ਠੰਢਾ ॥ ਗੁਰਿ ਪੂਰੈ ਲੈ ਤੂਟਾ ਗੰਢਾ ॥ ਸੁਰਤਿ ਸਬਦੁ ਰਿਦ ਅੰਤਰਿ ਜਾਗੀ ਅਮਿਉ ਝੋਲਿ ਝੋਲਿ ਪੀਜਾ ਹੇ ॥੧੩॥ ਮਰੈ ਨਾਹੀ ਸਦ ਸਦ ਹੀ ਜੀਵੈ ॥ ਅਮਰੁ ਭਇਆ ਅਬਿਨਾਸੀ ਥੀਵੈ ॥ ਨਾ ਕੋ ਆਵੈ ਨਾ ਕੋ ਜਾਵੈ ਗੁਰਿ ਦੂਰਿ ਕੀਆ ਭਰਮੀਜਾ ਹੇ ॥੧੪॥ ਪੂਰੇ ਗੁਰ ਕੀ ਪੂਰੀ ਬਾਣੀ ॥ ਪੂਰੈ ਲਾਗਾ ਪੂਰੇ ਮਾਹਿ ਸਮਾਣੀ ॥ ਚੜੈ ਸਵਾਇਆ ਨਿਤ ਨਿਤ ਰੰਗਾ ਘਟੈ ਨਾਹੀ ਤੋਲੀਜਾ ਹੇ ॥੧੫॥ ਬਾਰਹਾ ਕੰਚਨੁ ਸੁਧੁ ਕਰਾਇਆ ॥ ਨਦਰਿ ਸਰਾਫ ਵੰਨੀਸ ਚੜਾਇਆ ॥ ਪਰਖਿ ਖਜਾਨੈ ਪਾਇਆ ਸਰਾਫੀ ਫਿਰਿ ਨਾਹੀ ਤਾਈਜਾ ਹੇ ॥੧੬॥ ਅੰਮ੍ਰਿਤ ਨਾਮੁ ਤੁਮਾਰਾ ਸੁਆਮੀ ॥ ਨਾਨਕ ਦਾਸ ਸਦਾ ਕੁਰਬਾਨੀ ॥ ਸੰਤ ਸੰਗਿ ਮਹਾ ਸੁਖੁ ਪਾਇਆ ਦੇਖਿ ਦਰਸਨੁ ਇਹੁ ਮਨੁ ਭੀਜਾ ਹੇ ॥੧੭॥੧॥੩॥ {ਪੰਨਾ ੧੦੭੪}

ਪਦ ਅਰਥ :—ਅੰਤਰੁ—ਹਿਰਦਾ {ਲਫ਼ਜ਼ 'ਅੰਤਰੁ' ਅਤੇ 'ਅੰਤਰਿ' ਦਾ ਫ਼ਰਕ ਚੇਤੇ ਰੱਖੋ} । ਗੁਰਿ ਪੂਰੈ—ਪੂਰੇ ਗੁਰੂ ਨੇ । ਤੂਟਾ ਲੈ—(ਪ੍ਰਭੂ ਨਾਲੋਂ) ਟੁੱਟੇ ਹੋਏ ਨੂੰ ਫੜ ਕੇ । ਗੰਢਾ—(ਪ੍ਰਭੂ ਨਾਲ ਫਿਰ) ਜੋੜ ਦਿੱਤਾ । ਰਿਦ ਅੰਤਰਿ—ਹਿਰਦੇ ਵਿਚ । ਜਾਗੀ—ਜਾਗ ਪਈ, ਪੈਦਾ ਹੋ ਗਈ । 'ਸੁਰਤਿ...ਜਾਗੀ'—ਗੁਰੂ ਦੇ ਸ਼ਬਦ ਨੂੰ ਸੁਰਤਿ ਵਿਚ (ਟਿਕਾਣ ਦੀ ਸੂਝ ਉਸ ਮਨੁੱਖ ਦੇ) ਹਿਰਦੇ ਵਿਚ ਜਾਗ ਪਈ । ਅਮਿਉ—ਅੰਮ੍ਰਿਤ । ਝੋਲਿ—ਝੋਲਿ ਕੇ, ਹਿਲਾ ਕੇ, ਸੁਆਦ ਨਾਲ ।੧੩।

ਮਰੈ—ਆਤਮਕ ਮੌਤ ਸਹੇੜਦਾ ਹੈ । ਸਦ ਸਦ ਹੀ—ਸਦਾ ਹੀ ਸਦਾ ਹੀ । ਜੀਵੈ—ਆਤਮਕ ਜੀਵਨ ਜੀਊਂਦਾ ਹੈ । ਅਮਰੁ—ਅਟੱਲ ਆਤਮਕ ਜੀਵਨ ਵਾਲਾ । ਥੀਵੈ—ਹੋ ਜਾਂਦਾ ਹੈ । ਗੁਰਿ—ਗੁਰੂ ਨੇ ।੧੪।

ਪੂਰੈ—ਪੂਰਨ ਪ੍ਰਭੂ ਵਿਚ । ਲਾਗਾ—ਲੱਗਾ, ਜੁੜਿਆ । ਮਹਿ—ਵਿਚ । ਚੜੈ—ਚੜ੍ਹਦਾ ਹੈ । ਸਵਾਇਆ ਰੰਗਾ—ਵਧੀਕ ਪ੍ਰੇਮ-ਰੰਗ । ਘਟੈ—ਘਟਦਾ । ਤੋਲੀਜਾ—ਤੋਲਿਆਂ, ਪੜਤਾਲ ਕੀਤਿਆਂ ।੧੫।

ਬਾਰਹਾ—ਬਾਰਾਂ ਵੰਨੀ ਦਾ, ਪੂਰੇ ਬਾਰਾਂ ਮਾਸੇ ਤੋਲ ਤੇ ਵਿਕਣ ਵਾਲਾ । ਕੰਚਨੁ—ਸੋਨਾ । ਸੁਧੁ—ਸ਼ੁੱਧ, ਖਰਾ । ਵੰਨੀਸ—ਸੋਹਣੇ ਰੰਗ ਵਾਲਾ । ਨਦਰਿ ਸਰਾਫ ਚੜਾਇਆ—ਸਰਾਫ਼ ਦੀ ਨਜ਼ਰ ਵਿਚ ਚੜ੍ਹ ਜਾਂਦਾ ਹੈ, ਸਰਾਫ਼ ਦੀ ਨਜ਼ਰ ਵਿਚ ਪਰਵਾਨ ਹੋ ਜਾਂਦਾ ਹੈ । ਪਰਖਿ—ਪਰਖ ਕੇ ।੧੬।

ਅੰਮ੍ਰਿਤੁ—ਆਤਮਕ ਜੀਵਨ ਦੇਣ ਵਾਲਾ । ਸੁਆਮੀ—ਹੇ ਸੁਆਮੀ! ਸੰਤ ਸੰਗਿ—ਸੰਤ (ਗੁਰੂ) ਦੀ ਸੰਗਤਿ ਵਿਚ । ਦੇਖਿ—ਵੇਖ ਕੇ ।੧੭।

ਅਰਥ :—ਹੇ ਭਾਈ! (ਪ੍ਰਭੂ ਨਾਲੋਂ) ਟੁੱਟੇ ਹੋਏ ਜਿਸ ਮਨੁੱਖ ਨੂੰ ਫੜ ਕੇ ਪੂਰੇ ਗੁਰੂ ਨੇ (ਮੁੜ ਪ੍ਰਭੂ ਨਾਲ) ਜੋੜ ਦਿੱਤਾ, ਉਸ ਦੀ ਤ੍ਰਿਸ਼ਨਾ (ਦੀ ਅੱਗ) ਬੁੱਝ ਗਈ ਉਸ ਦਾ ਹਿਰਦਾ ਸ਼ਾਂਤ ਹੋ ਗਿਆ । ਗੁਰੂ ਦੇ ਸ਼ਬਦ ਨੂੰ ਸੁਰਤਿ ਵਿਚ (ਟਿਕਾਣ ਦੀ ਸੂਝ ਉਸ ਮਨੁੱਖ ਦੇ) ਹਿਰਦੇ ਵਿਚ ਜਾਗ ਪਈ । ਉਹ ਮਨੁੱਖ ਬੜੇ ਸੁਆਦ ਨਾਲ ਆਤਮਕ ਜੀਵਨ ਦੇਣ ਵਾਲਾ ਨਾਮ-ਰਸ ਪੀਂਦਾ ਹੈ ।੧੩।

ਹੇ ਭਾਈ! ਗੁਰੂ ਨੇ ਜਿਸ ਮਨੁੱਖ ਦੀ ਭਟਕਣਾ ਦੂਰ ਕਰ ਦਿੱਤੀ, ਉਹ ਆਤਮਕ ਮੌਤ ਨਹੀਂ ਸਹੇੜਦਾ, ਉਹ ਸਦਾ ਹੀ ਆਤਮਕ ਜੀਵਨ ਜੀਊਂਦਾ ਹੈ । ਉਹ ਅਟੱਲ ਆਤਮਕ ਜੀਵਨ ਵਾਲਾ ਹੋ ਜਾਂਦਾ ਹੈ, ਉਸ ਨੂੰ ਮੌਤ ਦਾ ਸਹਮ ਨਹੀਂ ਵਿਆਪਦਾ । ਅਜਿਹਾ ਮਨੁੱਖ ਜਨਮ ਮਰਨ ਦੇ ਗੇੜ ਤੋਂ ਬਚ ਜਾਂਦਾ ਹੈ ।੧੪।

ਹੇ ਭਾਈ! ਜਿਹੜਾ ਮਨੁੱਖ ਪੂਰੇ ਗੁਰੂ ਦੀ ਪੂਰੀ ਬਾਣੀ ਦੀ ਰਾਹੀਂ ਪੂਰਨ ਪਰਮਾਤਮਾ ਦੀ ਯਾਦ ਵਿਚ ਜੁੜਦਾ ਹੈ, ਉਹ ਉਸ ਵਿਚ ਸਮਾਇਆ ਰਹਿੰਦਾ ਹੈ । ਪਰਮਾਤਮਾ ਦੇ ਪ੍ਰੇਮ ਦਾ ਰੰਗ (ਉਸ ਦੇ ਹਿਰਦੇ ਵਿਚ) ਸਦਾ ਹੀ ਵਧਦਾ ਰਹਿੰਦਾ ਹੈ, ਪੜਤਾਲ ਕੀਤਿਆਂ ਉਹ ਕਦੇ ਭੀ ਘੱਟ ਨਹੀਂ ਹੁੰਦਾ ।੧੫।

ਹੇ ਭਾਈ! ਉਹ ਮਨੁੱਖ ਬਾਰਾਂ ਵੰਨੀ ਦੇ ਸੋਨੇ ਵਰਗਾ ਖਰਾ ਹੋ ਜਾਂਦਾ ਹੈ, ਉਹ ਸੋਹਣੇ ਰੰਗ ਵਾਲਾ (ਸੋਹਣੇ ਆਤਮਕ ਜੀਵਨ ਵਾਲਾ) ਗੁਰੂ-ਸਰਾਫ਼ ਦੀਆਂ ਨਜ਼ਰਾਂ ਵਿਚ ਪਰਵਾਨ ਹੋ ਜਾਂਦਾ ਹੈ । (ਜਿਵੇਂ ਸੁੱਧ ਸੋਨੇ ਨੂੰ) ਸਰਾਫ਼ ਪਰਖ ਕੇ ਖ਼ਜ਼ਾਨੇ ਵਿਚ ਪਾ ਲੈਂਦੇ ਹਨ, ਤੇ ਉਸ ਨੂੰ ਫਿਰ ਪਰਖਣ ਲਈ ਤਾਇਆ ਨਹੀਂ ਜਾਂਦਾ (ਇਸ ਤਰ੍ਹਾਂ ਉਹ ਮਨੁੱਖ ਪਰਮਾਤਮਾ ਦੀ ਹਜ਼ੂਰੀ ਵਿਚ ਕਬੂਲ ਹੋ ਜਾਂਦਾ ਹੈ) ।੧੬।

ਹੇ ਨਾਨਕ! (ਆਖ—) ਹੇ ਮੇਰੇ ਮਾਲਕ-ਪ੍ਰਭੂ! ਤੇਰਾ ਨਾਮ ਆਤਮਕ ਜੀਵਨ ਦੇਣ ਵਾਲਾ ਹੈ । ਤੇਰੇ ਦਾਸ ਤੈਥੋਂ ਸਦਾ ਸਦਕੇ ਜਾਂਦੇ ਹਨ । ਗੁਰੂ ਦੀ ਸੰਗਤਿ ਵਿਚ ਰਹਿ ਕੇ ਉਹ ਬਹੁਤ ਆਤਮਕ ਆਨੰਦ ਮਾਣਦੇ ਹਨ, (ਤੇਰਾ) ਦਰਸਨ ਕਰ ਕੇ ਉਹਨਾਂ ਦਾ ਇਹ ਮਨ (ਤੇਰੇ ਨਾਮ-ਰਸ ਵਿਚ) ਭਿੱਜਾ ਰਹਿੰਦਾ ਹੈ ।੧੭।੧।੩।

ਮਾਰੂ ਮਹਲਾ ੫ ਸੋਲਹੇ

ੴ ਸਤਿਗੁਰ ਪ੍ਰਸਾਦਿ ॥ ਗੁਰੁ ਗੋਪਾਲੁ ਗੁਰੁ ਗੋਵਿੰਦਾ ॥ ਗੁਰੁ ਦਇਆਲੁ ਸਦਾ ਬਖਸਿੰਦਾ ॥ ਗੁਰੁ ਸਾਸਤ ਸਿਮ੍ਰਿਤਿ ਖਟੁ ਕਰਮਾ ਗੁਰੁ ਪਵਿਤ੍ਰੁ ਅਸਥਾਨਾ ਹੇ ॥੧॥ ਗੁਰੁ ਸਿਮਰਤ ਸਭਿ ਕਿਲਵਿਖ ਨਾਸਹਿ ॥ ਗੁਰੁ ਸਿਮਰਤ ਜਮ ਸੰਗਿ ਨ ਫਾਸਹਿ ॥ ਗੁਰੁ ਸਿਮਰਤ ਮਨੁ ਨਿਰਮਲੁ ਹੋਵੈ ਗੁਰੁ ਕਾਟੇ ਅਪਮਾਨਾ ਹੇ ॥੨॥ ਗੁਰ ਕਾ ਸੇਵਕੁ ਨਰਕਿ ਨ ਜਾਏ ॥ ਗੁਰ ਕਾ ਸੇਵਕੁ ਪਾਰਬ੍ਰਹਮੁ ਧਿਆਏ ॥ ਗੁਰ ਕਾ ਸੇਵਕੁ ਸਾਧ ਸੰਗੁ ਪਾਏ ਗੁਰੁ ਕਰਦਾ ਨਿਤ ਜੀਅ ਦਾਨਾ ਹੇ ॥੩॥ ਗੁਰ ਦੁਆਰੈ ਹਰਿ ਕੀਰਤਨੁ ਸੁਣੀਐ ॥ ਸਤਿਗੁਰੁ ਭੇਟਿ ਹਰਿ ਜਸੁ ਮੁਖਿ ਭਣੀਐ ॥ ਕਲਿ ਕਲੇਸ ਮਿਟਾਏ ਸਤਿਗੁਰੁ ਹਰਿ ਦਰਗਹ ਦੇਵੈ ਮਾਨਾਂ ਹੇ ॥੪॥ {ਪੰਨਾ ੧੦੭੪-੧੦੭੫}

ਪਦ ਅਰਥ :—ਗੋਪਾਲੁ—{ਗੋ-ਸ੍ਰਿਸ਼ਟੀ} ਸ੍ਰਿਸ਼ਟੀ ਦਾ ਪਾਲਣਹਾਰ । ਗੋਵਿੰਦਾ—ਸ੍ਰਿਸ਼ਟੀ ਦੇ ਜੀਵਾਂ ਦੇ ਦਿਲ ਦੀ ਜਾਣਨ ਵਾਲਾ । ਦਇਆਲੁ—ਦਇਆ ਦਾ ਘਰ । ਖਟੁ ਕਰਮਾ—ਬ੍ਰਾਹਮਣਾਂ ਵਾਸਤੇ ਸ਼ਾਸਤ੍ਰ ਦੇ ਦੱਸੇ ਹੋਏ ਛੇ ਉੱਤਮ ਧਾਰਮਿਕ ਕਰਮ—ਦਾਨ ਦੇਣਾ, ਦਾਨ ਲੈਣਾ; ਜੱਗ ਕਰਨਾ, ਜੱਗ ਕਰਾਣਾ; ਵਿੱਦਿਆ ਪੜ੍ਹਣੀ, ਵਿੱਦਿਆ ਪੜ੍ਹਾਣੀ । ਅਸਥਾਨਾ—ਥਾਂ, ਤੀਰਥ ।੧।

ਸਿਮਰਤ—ਸਿਮਰਦਿਆਂ, ਯਾਦ ਕਰਦਿਆਂ । ਸਭਿ—ਸਾਰੇ । ਕਿਲਵਿਖ—ਪਾਪ {ਬਹੁ-ਵਚਨ} । ਜਮ ਸੰਗਿ—ਜਮਰਾਜ ਦੀ ਸੰਗਤਿ ਵਿਚ । ਅਪਮਾਨਾ—ਨਿਰਾਦਰੀ ।੨।

ਨਰਕਿ—ਨਰਕ ਵਿਚ । ਸੰਗੁ—ਸਾਥ । ਜੀਅ ਦਾਨਾ—ਆਤਮਕ ਜੀਵਨ ਦੀ ਦਾਤਿ ।੩।

ਗੁਰ ਦੁਆਰੈ—ਗੁਰੂ ਦੇ ਦਰ ਤੇ (ਰਹਿ ਕੇ) । ਸੁਣੀਐ—ਸੁਣਨਾ ਚਾਹੀਦਾ ਹੈ । ਭੇਟਿ—ਭੈਟੇ, ਮਿਲਦਾ ਹੈ । ਮੁਖਿ—ਮੂੰਹ ਨਾਲ । ਭਣੀਐ—ਉਚਾਰਨਾ ਚਾਹੀਦਾ ਹੈ । ਕਲਿ—ਝਗੜੇ । ਮਾਨਾਂ—ਆਦਰ ।੪।

ਅਰਥ :—ਹੇ ਭਾਈ! (ਗੁਰੂ ਦੇ ਸੇਵਕ ਵਾਸਤੇ) ਗੁਰੂ ਗੋਪਾਲ (ਦਾ ਰੂਪ) ਹੈ, ਗੁਰੂ ਗੋਵਿੰਦ (ਦਾ ਰੂਪ) ਹੈ । ਗੁਰੂ ਦਰਿਆ ਦਾ ਸੋਮਾ ਹੈ, ਗੁਰੂ ਸਦਾ ਬਖ਼ਸ਼ਸ਼ ਕਰਨ ਵਾਲਾ ਹੈ । (ਸੇਵਕ ਵਾਸਤੇ) ਗੁਰੂ (ਹੀ ਸ਼ਾਸਤ੍ਰ ਹੈ, ਸਿਮ੍ਰਿਤੀ ਹੈ, ਛੇ ਧਾਰਮਿਕ ਕਰਮ ਹੈ; ਗੁਰੂ ਹੀ ਪਵਿੱਤਰ ਤੀਰਥ ਹੈ ।੧।

ਹੇ ਭਾਈ! ਗੁਰੂ ਨੂੰ (ਹਰ ਵੇਲੇ) ਯਾਦ ਕਰਦਿਆਂ ਸਾਰੇ ਪਾਪ ਨਾਸ ਹੋ ਜਾਂਦੇ ਹਨ, ਗੁਰੂ ਨੂੰ ਯਾਦ ਕਰਦਿਆਂ (ਜੀਵ) ਜਮ ਦੀ ਫਾਹੀ ਵਿਚ ਨਹੀਂ ਫਸਦੇ (ਆਤਮਕ ਮੌਤ ਤੋਂ ਬਚੇ ਰਹਿੰਦੇ ਹਨ) । ਗੁਰੂ ਨੂੰ ਯਾਦ ਕਰਦਿਆਂ ਮਨ ਪਵਿੱਤਰ ਹੋ ਜਾਂਦਾ ਹੈ, (ਤੇ ਇਸ ਤਰ੍ਹਾਂ) ਗੁਰੂ ਮਨੁੱਖ ਨੂੰ (ਲੋਕ ਪਰਲੋਕ ਦੀ) ਨਿਰਾਦਰੀ ਤੋਂ ਬਚਾ ਲੈਂਦਾ ਹੈ ।੨।

ਹੇ ਭਾਈ! ਗੁਰੂ ਦਾ ਸੇਵਕ ਨਰਕ ਵਿਚ ਨਹੀਂ ਪੈਂਦਾ, (ਕਿਉਂਕਿ) ਗੁਰੂ ਦਾ ਸੇਵਕ ਪਰਮਾਤਮਾ ਦਾ ਸਿਮਰਨ ਕਰਦਾ ਰਹਿੰਦਾ ਹੈ । ਗੁਰੂ ਦਾ ਸੇਵਕ ਸਾਧ ਸੰਗਤਿ (ਦਾ ਮਿਲਾਪ) ਹਾਸਲ ਕਰ ਲੈਂਦਾ ਹੈ, (ਸਾਧ ਸੰਗਤਿ ਵਿਚ) ਗੁਰੂ ਉਸ ਨੂੰ ਸਦਾ ਆਤਮਕ ਜੀਵਨ ਦੀ ਦਾਤਿ ਬਖ਼ਸ਼ਦਾ ਹੈ ।੩।

ਹੇ ਭਾਈ! ਗੁਰੂ ਦੇ ਦਰ ਤੇ ਰਹਿ ਕੇ ਪਰਮਾਤਮਾ ਦੀ ਸਿਫ਼ਤਿ-ਸਾਲਾਹ ਸੁਣਨੀ ਚਾਹੀਦੀ ਹੈ, ਹਰੀ ਦਾ ਜਸ ਮੂੰਹੋਂ ਉਚਾਰਨਾ ਚਾਹੀਦਾ ਹੈ (ਜਿਸ ਨੂੰ) ਗੁਰੂ ਮਿਲ ਪੈਂਦਾ ਹੈ (ਉਹ ਮਨੁੱਖ ਸਦਾ ਇਹ ਉੱਦਮ ਕਰਦਾ ਹੈ) । ਹੇ ਭਾਈ! ਗੁਰੂ (ਮਨੁੱਖ ਦੇ) ਸਾਰੇ ਝਗੜੇ ਕਲੇਸ਼ ਮਿਟਾ ਦੇਂਦਾ ਹੈ, ਗੁਰੂ ਮਨੁੱਖ ਨੂੰ ਪਰਮਾਤਮਾ ਦੀ ਹਜ਼ੂਰੀ ਵਿਚ ਆਦਰ-ਸਤਕਾਰ ਦੇਂਦਾ ਹੈ ।੪।

ਅਗਮੁ ਅਗੋਚਰੁ ਗੁਰੂ ਦਿਖਾਇਆ ॥ ਭੂਲਾ ਮਾਰਗਿ ਸਤਿਗੁਰਿ ਪਾਇਆ ॥ ਗੁਰ ਸੇਵਕ ਕਉ ਬਿਘਨੁ ਨ ਭਗਤੀ ਹਰਿ ਪੂਰ ਦ੍ਰਿੜਾਇਆ ਗਿਆਨਾਂ ਹੇ ॥੫॥ ਗੁਰਿ ਦ੍ਰਿਸਟਾਇਆ ਸਭਨੀ ਠਾਂਈ ॥ ਜਲਿ ਥਲਿ ਪੂਰਿ ਰਹਿਆ ਗੋਸਾਈ ॥ ਊਚ ਊਨ ਸਭ ਏਕ ਸਮਾਨਾਂ ਮਨਿ ਲਾਗਾ ਸਹਜਿ ਧਿਆਨਾ ਹੇ ॥੬॥ ਗੁਰਿ ਮਿਲਿਐ ਸਭ ਤ੍ਰਿਸਨ ਬੁਝਾਈ ॥ ਗੁਰਿ ਮਿਲਿਐ ਨਹ ਜੋਹੈ ਮਾਈ ॥ ਸਤੁ ਸੰਤੋਖੁ ਦੀਆ ਗੁਰਿ ਪੂਰੈ ਨਾਮੁ ਅੰਮ੍ਰਿਤੁ ਪੀ ਪਾਨਾਂ ਹੇ ॥੭॥ ਗੁਰ ਕੀ ਬਾਣੀ ਸਭ ਮਾਹਿ ਸਮਾਣੀ ॥ ਆਪਿ ਸੁਣੀ ਤੈ ਆਪਿ ਵਖਾਣੀ ॥ ਜਿਨਿ ਜਿਨਿ ਜਪੀ ਤੇਈ ਸਭਿ ਨਿਸਤ੍ਰੇ ਤਿਨ ਪਾਇਆ ਨਿਹਚਲ ਥਾਨਾਂ ਹੇ ॥੮॥ ਸਤਿਗੁਰ ਕੀ ਮਹਿਮਾ ਸਤਿਗੁਰੁ ਜਾਣੈ ॥ ਜੋ ਕਿਛੁ ਕਰੇ ਸੁ ਆਪਣ ਭਾਣੈ ॥ ਸਾਧੂ ਧੂਰਿ ਜਾਚਹਿ ਜਨ ਤੇਰੇ ਨਾਨਕ ਸਦ ਕੁਰਬਾਨਾਂ ਹੇ ॥੯॥੧॥੪॥ {ਪੰਨਾ ੧੦੭੫}

ਪਦ ਅਰਥ :—ਅਗਮੁ—ਅਪਹੁੰਚ ਪ੍ਰਭੂ । ਅਗੋਚਰੁ—{ਅ-ਗੋ-ਚਰੁ} ਜਿਸ ਤਕ ਗਿਆਨ-ਇੰਦ੍ਰਿਆਂ ਦੀ ਪਹੁੰਚ ਨਹੀਂ ਹੋ ਸਕਦੀ । ਮਾਰਗਿ—(ਸਹੀ ਜੀਵਨ-) ਰਾਹ ਉੱਤੇ । ਸਤਿਗੁਰਿ—ਗੁਰੂ ਨੇ । ਕਉ—ਨੂੰ । ਬਿਘਨੁ—ਰੁਕਾਵਟ । ਭਗਤੀ—ਭਗਤੀ (ਦੇ ਕਾਰਨ) । ਦ੍ਰਿੜਾਇਆ—ਹਿਰਦੇ ਵਿਚ ਪੱਕਾ ਕੀਤਾ । ਗਿਆਨ—ਪਰਮਾਤਮਾ ਨਾਲ ਡੂੰਘੀ ਸਾਂਝ ।੫।

ਗੁਰਿ—ਗੁਰੂ ਨੇ । ਦ੍ਰਿਸਟਇਆ—ਵਿਖਾ ਦਿੱਤਾ । ਜਲਿ—ਜਲ ਵਿਚ । ਥਲਿ—ਧਰਤੀ ਵਿਚ । ਪੂਰਿ ਰਹਿਆ—ਵਿਆਪਕ ਹੈ । ਗੋਸਾਈ—ਸ੍ਰਿਸ਼ਟੀ ਦਾ ਮਾਲਕ-ਪ੍ਰਭੂ । ਊਨ—ਊਣੇ, ਖ਼ਾਲੀ । ਮਨਿ—ਮਨ ਵਿਚ । ਸਹਜਿ—ਆਤਮਕ ਅਡੋਲਤਾ ਦੀ ਰਾਹੀਂ ।੬।

ਗੁਰਿ ਮਿਲਿਐ—ਜੇ ਗੁਰੂ ਮਿਲ ਪਏ । ਨਹ ਜੋਹੈ—ਤੱਕ ਨਹੀਂ ਸਕਦੀ, ਘਰ ਨਹੀਂ ਸਕਦੀ । ਮਾਈ—ਮਾਇਆ । ਸਤੁ ਸੰਤੋਖੁ—ਸੇਵਾ ਅਤੇ ਸੰਤੋਖ । ਗੁਰਿ ਪੂਰੈ—ਪੂਰੇ ਗੁਰੂ ਨੇ । ਅੰਮ੍ਰਿਤੁ—ਆਤਮਕ ਜੀਵਨ ਦੇਣ ਵਾਲਾ ਜਲ । ਪਾਨਾਂ—ਪਿਲਾਂਦਾ ਹੈ ।੭।

ਸਭ ਮਾਹਿ ਸਮਾਣੀ—ਸਭ ਜੀਵਾਂ ਦੇ ਹਿਰਦੇ ਵਿਚ ਟਿਕਣ-ਜੋਗ ਹੈ । ਤੈ—ਅਤੇ । ਜਿਨਿ ਜਿਨਿ—ਜਿਸ ਜਿਸ ਨੇ । ਤੇਈ ਸਭਿ—ਉਹ ਸਾਰੇ ਹੀ । ਨਿਸਤ੍ਰੇ—(ਸੰਸਾਰ-ਸਮੁੰਦਰ ਤੋਂ) ਪਾਰ ਲੰਘ ਗਏ । ਤਿਨ—ਉਹਨਾਂ ਨੇ {ਬਹੁ-ਵਚਨ} ।੮।

ਮਹਿਮਾ—ਵਡਿਆਈ, ਵੱਡਾ ਜਿਗਰਾ । ਭਾਣੈ—ਰਜ਼ਾ ਵਿਚ । ਸਾਧੂ ਧੂਰਿ—ਗੁਰੂ ਦੀ ਚਰਨ-ਧੂੜ । ਜਾਚਹਿ—ਮੰਗਦੇ ਹਨ {ਬਹੁ-ਵਚਨ} । ਸਦ—ਸਦਾ ।੯।

ਅਰਥ :—ਹੇ ਭਾਈ! ਕੁਰਾਹੇ ਜਾ ਰਹੇ ਮਨੁੱਖ ਨੂੰ ਗੁਰੂ ਨੇ ਹੀ (ਸਦਾ) ਸਹੀ ਜੀਵਨ-ਰਾਹ ਤੇ ਪਾਇਆ ਹੈ, ਗੁਰੂ ਨੇ ਹੀ ਉਸ ਨੂੰ ਅਪਹੁੰਚ ਤੇ ਅਗੋਚਰ ਪਰਮਾਤਮਾ ਦਾ ਦਰਸਨ ਕਰਾਇਆ ਹੈ । ਭਗਤੀ ਦੀ ਬਰਕਤਿ ਨਾਲ ਗੁਰੂ ਦੇ ਸੇਵਕ ਦੇ ਜੀਵਨ-ਸਫ਼ਰ ਵਿਚ ਕੋਈ ਰੁਕਾਵਟ ਨਹੀਂ ਪੈਂਦੀ ਗੁਰੂ ਹੀ ਪੂਰਨ ਪਰਮਾਤਮਾ ਨਾਲ ਡੂੰਘੀ ਸਾਂਝ ਸੇਵਕ ਦੇ ਹਿਰਦੇ ਵਿਚ ਪੱਕੀ ਕਰਦਾ ਹੈ ।੫।

ਹੇ ਭਾਈ! ਗੁਰੂ ਨੇ (ਹੀ ਸੇਵਕ ਨੂੰ ਪਰਮਾਤਮਾ) ਸਭਨੀਂ ਥਾਈਂ ਵੱਸਦਾ ਵਿਖਾਇਆ ਹੈ (ਤੇ ਦੱਸਿਆ ਹੈ ਕਿ) ਸ੍ਰਿਸ਼ਟੀ ਦਾ ਮਾਲਕ ਜਲ ਵਿਚ ਧਰਤੀ ਵਿਚ (ਹਰ ਥਾਂ) ਵਿਆਪਕ ਹੈ, ਉੱਚੇ ਤੇ ਖ਼ਾਲੀ ਸਭ ਥਾਈਂ ਇਕੋ ਜਿਹਾ ਵਿਆਪਕ ਹੈ । (ਗੁਰੂ ਦੀ ਰਾਹੀਂ ਹੀ ਸੇਵਕ ਦੇ) ਮਨ ਵਿਚ ਆਤਮਕ ਅਡੋਲਤਾ ਦੀ ਬਰਕਤਿ ਨਾਲ ਪ੍ਰਭੂ-ਚਰਨਾਂ ਵਿਚ ਸੁਰਤਿ ਜੁੜਦੀ ਹੈ ।੬।

ਜੇ ਮਨੁੱਖ ਨੂੰ ਗੁਰੂ ਮਿਲ ਪਏ ਤਾਂ ਉਹ (ਮਨੁੱਖ ਦੇ ਅੰਦਰੋਂ) ਸਾਰੀ ਤ੍ਰਿਸ਼ਨਾ (ਦੀ ਅੱਗ) ਬੁਝਾ ਦੇਂਦਾ ਹੈ, ਮਨੁੱਖ ਉਤੇ ਮਾਇਆ ਆਪਣਾ ਪ੍ਰਭਾਵ ਨਹੀਂ ਪਾ ਸਕਦੀ । (ਜਿਸ ਮਨੁੱਖ ਨੂੰ ਪੂਰੇ ਗੁਰੂ ਨੇ ਸਤ ਅਤੇ ਸੰਤੋਖ ਬਖ਼ਸ਼ਿਆ, ਉਹ ਆਤਮਕ ਜੀਵਨ ਦੇਣ ਵਾਲਾ ਨਾਮ-ਜਲ ਆਪ ਪੀਂਦਾ ਹੈ ਤੇ ਹੋਰਨਾਂ ਨੂੰ ਪਿਲਾਂਦਾ ਹੈ ।੭।

ਹੇ ਭਾਈ! ਗੁਰੂ ਦੀ ਬਾਣੀ ਸਭ ਜੀਵਾਂ ਦੇ ਹਿਰਦੇ ਵਿਚ ਟਿਕਣ-ਜੋਗ ਹੈ, ਗੁਰੂ ਨੇ (ਪਰਮਾਤਮਾ ਪਾਸੋਂ) ਆਪ ਸੁਣੀ ਅਤੇ (ਦੁਨੀਆ ਦੇ ਜੀਵਾਂ ਨੂੰ) ਆਪ ਸੁਣਾਈ ਹੈ । ਜਿਸ ਜਿਸ ਮਨੁੱਖ ਨੇ ਇਹ ਬਾਣੀ ਹਿਰਦੇ ਵਿਚ ਵਸਾਈ ਹੈ, ਉਹ ਸਾਰੇ ਸੰਸਾਰ-ਸਮੁੰਦਰ ਤੋਂ ਪਾਰ ਲੰਘ ਗਏ, ਉਹਨਾਂ ਨੇ ਉਹ ਆਤਮਕ ਟਿਕਾਣਾ ਹਾਸਲ ਕਰ ਲਿਆ ਹੈ ਜੋ (ਮਾਇਆ ਦੇ ਪ੍ਰਭਾਵ ਹੇਠ) ਡੋਲਦਾ ਨਹੀਂ ਹੈ ।੮।

ਹੇ ਭਾਈ! ਗੁਰੂ ਦੀ ਉੱਚ-ਆਤਮਕਤਾ ਗੁਰੂ (ਹੀ) ਜਾਣਦਾ ਹੈ (ਗੁਰੂ ਹੀ ਜਾਣਦਾ ਹੈ ਕਿ ਪਰਮਾਤਮਾ) ਜੋ ਕੁਝ ਕਰਦਾ ਹੈ ਆਪਣੀ ਰਜ਼ਾ ਵਿਚ ਕਰਦਾ ਹੈ । ਹੇ ਨਾਨਕ! (ਆਖ—ਹੇ ਪ੍ਰਭੂ!) ਤੇਰੇ ਸੇਵਕ ਗੁਰੂ ਦੇ ਚਰਨਾਂ ਦੀ ਧੂੜ ਮੰਗਦੇ ਹਨ ਤੇ (ਗੁਰੂ ਤੋਂ) ਸਦਾ ਸਦਕੇ ਜਾਂਦੇ ਹਨ ।੯।੧।੧੪।

ਮਾਰੂ ਸੋਲਹੇ ਮਹਲਾ ੫
ੴ ਸਤਿਗੁਰ ਪ੍ਰਸਾਦਿ ॥ ਆਦਿ ਨਿਰੰਜਨੁ ਪ੍ਰਭੁ ਨਿਰੰਕਾਰਾ ॥ ਸਭ ਮਹਿ ਵਰਤੈ ਆਪਿ ਨਿਰਾਰਾ ॥ ਵਰਨੁ ਜਾਤਿ ਚਿਹਨੁ ਨਹੀ ਕੋਈ ਸਭ ਹੁਕਮੇ ਸ੍ਰਿਸਟਿ ਉਪਾਇਦਾ ॥੧॥ ਲਖ ਚਉਰਾਸੀਹ ਜੋਨਿ ਸਬਾਈ ॥ ਮਾਣਸ ਕਉ ਪ੍ਰਭਿ ਦੀਈ ਵਡਿਆਈ ॥ ਇਸੁ ਪਉੜੀ ਤੇ ਜੋ ਨਰੁ ਚੂਕੈ ਸੋ ਆਇ ਜਾਇ ਦੁਖੁ ਪਾਇਦਾ ॥੨॥ ਕੀਤਾ ਹੋਵੈ ਤਿਸੁ ਕਿਆ ਕਹੀਐ ॥ ਗੁਰਮੁਖਿ ਨਾਮੁ ਪਦਾਰਥੁ ਲਹੀਐ ॥ ਜਿਸੁ ਆਪਿ ਭੁਲਾਏ ਸੋਈ ਭੂਲੈ ਸੋ ਬੂਝੈ ਜਿਸਹਿ ਬੁਝਾਇਦਾ ॥੩॥ ਹਰਖ ਸੋਗ ਕਾ ਨਗਰੁ ਇਹੁ ਕੀਆ ॥ ਸੇ ਉਬਰੇ ਜੋ ਸਤਿਗੁਰ ਸਰਣੀਆ ॥ ਤ੍ਰਿਹਾ ਗੁਣਾ ਤੇ ਰਹੈ ਨਿਰਾਰਾ ਸੋ ਗੁਰਮੁਖਿ ਸੋਭਾ ਪਾਇਦਾ ॥੪॥ {ਪੰਨਾ ੧੦੭੫}

ਪਦ ਅਰਥ :—ਆਦਿ—(ਸਭ ਦਾ) ਮੁੱਢ । ਨਿਰੰਜਨੁ—{ਨਿਰ-ਅੰਜਨੁ । ਅੰਜਨੁ—ਸੁਰਮਾ, ਮਾਇਆ ਦੇ ਮੋਹ ਦੀ ਕਾਲਖ} ਮਾਇਆ ਦੇ ਪ੍ਰਭਾਵ ਤੋਂ ਰਹਿਤ । ਨਿਰੰਕਾਰਾ—ਨਿਰ-ਅਕਾਰ, ਜਿਸ ਦਾ ਕੋਈ ਖ਼ਾਸ ਸਰੂਪ ਦੱਸਿਆ ਨਾਹ ਜਾ ਸਕੇ । ਨਿਰਾਰਾ—ਨਿਰਾਲਾ, ਵੱਖਰਾ । ਵਰਨੁ—ਰੰਗ । ਚਿਹਨੁ—ਨਿਸ਼ਾਨ । ਹੁਕਮੇ—ਹੁਕਮ ਦੀ ਰਾਹੀਂ ਹੀ ।੧।

ਸਬਾਈ—ਸਾਰੀ । ਮਾਣਸ ਕਉ—ਮਾਣਸ ਜੋਨਿ ਕਉ, ਮਨੁੱਖ ਜਨਮ ਨੂੰ । ਪ੍ਰਭਿ—ਪ੍ਰਭੂ ਨੇ । ਦੀਈ—ਦਿੱਤੀ ਹੈ । ਤੇ—ਤੋਂ । ਚੂਕੈ—ਖੁੰਝ ਜਾਂਦਾ ਹੈ । ਆਇ ਜਾਇ—ਜਨਮ ਮਰਨ ਦੇ ਗੇੜ ਵਿਚ ਪੈ ਕੇ ।੨।

ਕੀਤਾ—ਪ੍ਰਭੂ ਦਾ ਕੀਤਾ ਹੋਇਆ । ਤਿਸੁ ਕਿਆ ਕਹੀਐ—ਉਸ ਦੀ ਵਡਿਆਈ ਕਰਨੀ ਵਿਅਰਥ ਹੈ । ਗੁਰਮੁਖਿ—ਗੁਰੂ ਦੀ ਸਰਨ ਪੈ ਕੇ । ਲਹੀਐ—ਹਾਸਲ ਕਰਨਾ ਚਾਹੀਦਾ ਹੈ । ਭੁਲਾਏ—ਕੁਰਾਹੇ ਪਾ ਦੇਵੇ । ਜਿਸਹਿ—ਜਿਸੁ ਹੀ {ਕ੍ਰਿਆ ਵਿਸ਼ੇਸ਼ਣ 'ਹੀ' ਦੇ ਕਾਰਨ ਲਫ਼ਜ਼ 'ਜਿਸੁ' ਦਾ ੁ ਉੱਡ ਗਿਆ ਹੈ} ।੩।

ਹਰਖ—ਖ਼ੁਸ਼ੀ । ਸੋਗ—ਗ਼ਮੀ । ਨਗਰੁ—ਸਰੀਰ-ਸ਼ਹਰ । ਸੇ—ਉਹ {ਬਹੁ-ਵਚਨ} । ਉਬਰੇ—(ਮਾਇਆ ਦੇ ਪ੍ਰਭਾਵ ਤੋਂ) ਬਚ ਜਾਂਦੇ ਹਨ । ਤੇ—ਤੋਂ । ਨਿਰਾਰਾ—ਨਿਰਾਲਾ, ਬਚਿਆ ਹੋਇਆ ।੪।

ਅਰਥ :—ਹੇ ਭਾਈ! ਉਹ ਪਰਮਾਤਮਾ, ਜੋ ਸਭ ਦਾ ਮੂਲ ਹੈ ਜੋ ਮਾਇਆ ਦੇ ਪ੍ਰਭਾਵ ਤੋਂ ਰਹਿਤ ਹੈ ਤੇ ਜਿਸ ਦਾ ਕੋਈ ਖ਼ਾਸ ਸਰੂਪ ਦੱਸਿਆ ਨਹੀਂ ਜਾ ਸਕਦਾ, ਸਭ ਜੀਵਾਂ ਵਿਚ ਮੌਜੂਦ ਹੈ, ਤੇ ਫਿਰ ਭੀ ਨਿਰਲੇਪ ਰਹਿੰਦਾ ਹੈ । ਉਸ ਦਾ ਕੋਈ (ਬ੍ਰਾਹਮਣ ਖਤ੍ਰੀ ਆਦਿਕ) ਵਰਨ ਨਹੀਂ, ਕੋਈ ਜਾਤਿ ਨਹੀਂ, ਕੋਈ ਚਿਹਨ ਨਹੀਂ । ਉਹ ਆਪਣੇ ਹੁਕਮ ਅਨੁਸਾਰ ਹੀ ਸਾਰੀ ਸ੍ਰਿਸ਼ਟੀ ਪੈਦਾ ਕਰਦਾ ਹੈ ।੧।

ਹੇ ਭਾਈ! ਸਾਰੀਆਂ ਚੌਰਾਸੀ ਲੱਖ ਜੂਨਾਂ ਵਿਚੋਂ ਪਰਮਾਤਮਾ ਨੇ ਮਨੁੱਖਾ ਜਨਮ ਨੂੰ ਵਡਿਆਈ ਦਿੱਤੀ ਹੈ । ਪਰ ਜਿਹੜਾ ਮਨੁੱਖ ਇਸ ਪੌੜੀ ਤੋਂ ਖੁੰਝ ਜਾਂਦਾ ਹੈ, ਉਹ ਜਨਮ ਮਰਨ ਦੇ ਗੇੜ ਵਿਚ ਪੈ ਕੇ ਦੁੱਖ ਭੋਗਦਾ ਹੈ ।੨।

ਹੇ ਭਾਈ! ਪਰਮਾਤਮਾ ਦੇ ਪੈਦਾ ਕੀਤੇ ਹੋਏ ਦੀ ਵਡਿਆਈ ਕਰਦੇ ਰਹਿਣਾ ਵਿਅਰਥ ਹੈ (ਪਰਮਾਤਮਾ ਦੀ ਸਿਫ਼ਤਿ-ਸਾਲਾਹ ਕਰਨੀ ਚਾਹੀਦੀ ਹੈ) ਗੁਰੂ ਦੀ ਸਰਨ ਪੈ ਕੇ ਪਰਮਾਤਮਾ ਦਾ ਕੀਮਤੀ ਨਾਮ ਪ੍ਰਾਪਤ ਕਰਨਾ ਚਾਹੀਦਾ ਹੈ । (ਪਰ ਜੀਵ ਦੇ ਵੱਸ ਦੀ ਇਹ ਗੱਲ ਨਹੀਂ ਹੈ) ਜਿਸ ਮਨੁੱਖ ਨੂੰ ਪਰਮਾਤਮਾ ਆਪ ਕੁਰਾਹੇ ਪਾ ਦੇਂਦਾ ਹੈ, ਉਹ ਮਨੁੱਖ ਕੁਰਾਹੇ ਪਿਆ ਰਹਿੰਦਾ ਹੈ । ਉਹ ਮਨੁੱਖ ਹੀ ਸਹੀ ਜੀਵਨ-ਰਸਤਾ ਸਮਝਦਾ ਹੈ ਜਿਸ ਨੂੰ ਪਰਮਾਤਮਾ ਆਪ ਸਮਝਾਂਦਾ ਹੈ ।੩।

ਹੇ ਭਾਈ! ਪਰਮਾਤਮਾ ਨੇ ਇਸ ਮਨੁੱਖਾ ਸਰੀਰ ਨੂੰ ਖ਼ੁਸ਼ੀ ਗ਼ਮੀ ਦਾ ਨਗਰ ਬਣਾ ਦਿੱਤਾ ਹੈ । ਉਹ ਮਨੁੱਖ ਹੀ (ਇਹਨਾਂ ਦੇ ਪ੍ਰਭਾਵ ਤੋਂ) ਬਚਦੇ ਹਨ ਜਿਹੜੇ ਗੁਰੂ ਦੀ ਸਰਨ ਪੈਂਦੇ ਹਨ । ਜਿਹੜਾ ਮਨੁੱਖ ਗੁਰੂ ਦੇ ਸਨਮੁਖ ਹੋ ਕੇ ਮਾਇਆ ਦੇ ਤਿੰਨ ਗੁਣਾਂ ਤੋਂ ਨਿਰਾਲਾ ਰਹਿੰਦਾ ਹੈ ਉਹ (ਲੋਕ ਪਰਲੋਕ ਵਿਚ) ਸੋਭਾ ਖੱਟਦਾ ਹੈ ।੪।

ਅਨਿਕ ਕਰਮ ਕੀਏ ਬਹੁਤੇਰੇ ॥ ਜੋ ਕੀਜੈ ਸੋ ਬੰਧਨੁ ਪੈਰੇ ॥ ਕੁਰੁਤਾ ਬੀਜੁ ਬੀਜੇ ਨਹੀ ਜੰਮੈ ਸਭੁ ਲਾਹਾ ਮੂਲੁ ਗਵਾਇਦਾ ॥੫॥ ਕਲਜੁਗ ਮਹਿ ਕੀਰਤਨੁ ਪਰਧਾਨਾ ॥ ਗੁਰਮੁਖਿ ਜਪੀਐ ਲਾਇ ਧਿਆਨਾ ॥ ਆਪਿ ਤਰੈ ਸਗਲੇ ਕੁਲ ਤਾਰੇ ਹਰਿ ਦਰਗਹ ਪਤਿ ਸਿਉ ਜਾਇਦਾ ॥੬॥ ਖੰਡ ਪਤਾਲ ਦੀਪ ਸਭਿ ਲੋਆ ॥ ਸਭਿ ਕਾਲੈ ਵਸਿ ਆਪਿ ਪ੍ਰਭਿ ਕੀਆ ॥ ਨਿਹਚਲੁ ਏਕੁ ਆਪਿ ਅਬਿਨਾਸੀ ਸੋ ਨਿਹਚਲੁ ਜੋ ਤਿਸਹਿ ਧਿਆਇਦਾ ॥੭॥ ਹਰਿ ਕਾ ਸੇਵਕੁ ਸੋ ਹਰਿ ਜੇਹਾ ॥ ਭੇਦੁ ਨ ਜਾਣਹੁ ਮਾਣਸ ਦੇਹਾ ॥ ਜਿਉ ਜਲ ਤਰੰਗ ਉਠਹਿ ਬਹੁ ਭਾਤੀ ਫਿਰਿ ਸਲਲੈ ਸਲਲ ਸਮਾਇਦਾ ॥੮॥ {ਪੰਨਾ ੧੦੭੫-੧੦੭੬}

ਪਦ ਅਰਥ :—ਜੋ—ਜਿਹੜਾ (ਭੀ ਕਰਮ) । ਕੀਜੈ—ਕੀਤਾ ਜਾਏ । ਬੰਧਨੁ—ਫਾਹੀ । ਪੈਰੇ—ਪੈਰਾਂ ਵਿਚ । ਕੁਰੁਤਾ—ਬੇ-ਬਾਹਾਰਾ । ਜੰਮੈ—ਉੱਗਦਾ । ਲਾਹਾ—ਖੱਟੀ । ਮੂਲੁ—ਰਾਸ-ਪੂੰਜੀ ।੫।

ਪਰਧਾਨਾ—ਸਭ ਤੋਂ ਸ੍ਰੇਸ਼ਟ ਕਰਮ । ਗੁਰਮੁਖਿ—ਗੁਰੂ ਦੀ ਸਰਨ ਪੈ ਕੇ । ਲਾਇ ਧਿਆਨਾ—ਸੁਰਤਿ ਜੋੜ ਕੇ । ਤਰੈ—(ਸੰਸਾਰ-ਸਮੁੰਦਰ ਤੋਂ) ਪਾਰ ਲੰਘਦਾ ਹੈ । ਦਰਗਾਹ—ਹਜ਼ੂਰੀ ਵਿਚ । ਪਤਿ—ਇੱਜ਼ਤ ।੬।

ਦੀਪ—ਦ੍ਵੀਪ, ਟਾਪੂ । ਸਭਿ—ਸਾਰੇ । ਲੋਆ—ਲੋਕ, ਮੰਡਲ । ਕਾਲੈ ਵਸਿ—ਕਾਲ ਦੇ ਵੱਸ ਵਿਚ । ਪ੍ਰਭਿ—ਪ੍ਰਭੂ ਨੇ । ਨਿਹਚਲੁ—ਸਦਾ ਕਾਇਮ ਰਹਿਣ ਵਾਲਾ । ਅਬਿਨਾਸੀ—ਨਾਸ-ਰਹਿਤ । ਤਿਸਹਿ—ਤਿਸੁ ਹੀ {ਕ੍ਰਿਆ ਵਿਸ਼ੇਸ਼ਣ 'ਹੀ' ਦੇ ਕਾਰਨ ਲਫ਼ਜ਼ 'ਤਿਸੁ' ਦਾ ੁ ਉੱਡ ਗਿਆ ਹੈ} ।੭।

ਸੇਵਕੁ—ਭਗਤ । ਭੇਦੁ—ਫ਼ਰਕ, ਵਿੱਥ । ਮਾਣਸੁ ਦੇਹਾ—ਮਨੁੱਖਾ ਸਰੀਰ । ਜਲ ਤਰੰਗ—ਪਾਣੀ ਦੀਆਂ ਲਹਿਰਾਂ । ਉਠਹਿ—ਉੱਠਦੀਆਂ ਹਨ {ਬਹੁ-ਵਚਨ} । ਸਲਲੈ—ਪਾਣੀ ਵਿਚ । ਸਲਲ—ਪਾਣੀ ।੮।

ਅਰਥ :—ਹੇ ਭਾਈ! (ਨਾਮ-ਸਿਮਰਨ ਤੋਂ ਬਿਨਾ ਤੀਰਥ-ਇਸ਼ਨਾਨ ਆਦਿਕ ਭਾਵੇਂ) ਅਨੇਕਾਂ ਬਥੇਰੇ (ਮਿਥੇ ਹੋਏ ਧਾਰਮਿਕ) ਕਰਮ ਕੀਤੇ ਜਾਣ, ਜਿਹੜਾ ਭੀ ਅਜਿਹਾ ਕਰਮ ਕੀਤਾ ਜਾਂਦਾ ਹੈ, ਉਹ ਇਸ ਜੀਵਨ-ਸਫ਼ਰ ਵਿਚ ਮਨੁੱਖ ਦੇ ਪੈਰਾਂ ਵਿਚ ਫਾਹੀ ਬਣਦਾ ਹੈ । (ਮਨੁੱਖ ਦੇ ਆਤਮਕ ਜੀਵਨ ਵਾਸਤੇ ਹਰਿ-ਨਾਮ ਦੇ ਸਿਮਰਨ ਦੀ ਲੋੜ ਹੈ । ਹੋਰ ਹੋਰ ਕਰਮ ਇਉਂ ਹੀ ਵਿਅਰਥ ਹਨ, ਜਿਵੇਂ,) ਬੇ-ਬਹਾਰਾ ਬੀਜਿਆ ਹੋਇਆ ਬੀਜ ਉੱਗਦਾ ਨਹੀਂ । ਮਨੁੱਖ ਖੱਟੀ ਭੀ ਗਵਾਂਦਾ ਹੈ ਤੇ ਰਾਸ-ਪੂੰਜੀ ਭੀ ਗਵਾਂਦਾ ਹੈ ।੫।

ਹੇ ਭਾਈ! (ਜੁਗਾਂ ਦੀ ਵੰਡ ਕਰਨ ਵਾਲਿਆਂ ਅਨੁਸਾਰ ਭੀ) ਕਲਜੁਗ ਵਿਚ ਕੀਰਤਨ ਹੀ ਪਰਧਾਨ ਕਰਮ ਹੈ । (ਉਂਞ ਤਾਂ ਸਦਾ ਹੀ) ਗੁਰੂ ਦੀ ਸਰਨ ਪੈ ਕੇ ਸੁਰਤਿ ਜੋੜ ਕੇ ਪਰਮਾਤਮਾ ਦਾ ਨਾਮ ਜਪਣਾ ਚਾਹੀਦਾ ਹੈ । (ਜਿਹੜਾ ਮਨੁੱਖ ਜਪਦਾ ਹੈ) ਉਹ ਆਪ (ਸੰਸਾਰ-ਸਮੁੰਦਰ ਤੋਂ) ਪਾਰ ਲੰਘ ਜਾਂਦਾ ਹੈ, ਆਪਣੀਆਂ ਸਾਰੀਆਂ ਕੁਲਾਂ ਨੂੰ ਪਾਰ ਲੰਘਾ ਲੈਂਦਾ ਹੈ, ਅਤੇ ਪਰਮਾਤਮਾ ਦੀ ਹਜ਼ੂਰੀ ਵਿਚ ਇੱਜ਼ਤ ਨਾਲ ਜਾਂਦਾ ਹੈ ।੬।

ਹੇ ਭਾਈ! ਇਹ ਜਿਤਨੇ ਭੀ ਖੰਡ ਮੰਡਲ ਪਾਤਾਲ ਤੇ ਦੀਪ ਹਨ, ਇਹ ਸਾਰੇ ਪਰਮਾਤਮਾ ਨੇ ਆਪ ਹੀ ਕਾਲ ਦੇ ਅਧੀਨ ਰੱਖੇ ਹੋਏ ਹਨ । ਨਾਸ-ਰਹਿਤ ਪ੍ਰਭੂ ਆਪ ਹੀ ਸਦਾ ਕਾਇਮ ਰਹਿਣ ਵਾਲਾ ਹੈ, ਜਿਹੜਾ ਮਨੁੱਖ ਪਰਮਾਤਮਾ ਦਾ ਸਿਮਰਨ ਕਰਦਾ ਹੈ ਉਹ ਭੀ ਅਟੱਲ ਜੀਵਨ ਵਾਲਾ ਹੋ ਜਾਂਦਾ ਹੈ (ਜਨਮ ਮਰਨ ਦੇ ਗੇੜ ਤੋਂ ਬਚ ਜਾਂਦਾ ਹੈ) ।੭।

ਹੇ ਭਾਈ! ਪਰਮਾਤਮਾ ਦੀ ਭਗਤੀ ਕਰਨ ਵਾਲਾ ਮਨੁੱਖ ਪਰਮਾਤਮਾ ਵਰਗਾ ਹੀ ਹੋ ਜਾਂਦਾ ਹੈ । ਉਸ ਦਾ ਮਨੁੱਖਾ ਸਰੀਰ (ਵੇਖ ਕੇ ਪਰਮਾਤਮਾ ਨਾਲੋਂ ਉਸ ਦਾ) ਫ਼ਰਕ ਨਾਹ ਸਮਝੋ । (ਸਿਮਰਨ ਕਰਨ ਵਾਲਾ ਮਨੁੱਖ ਇਉਂ ਹੀ ਹੈ) ਜਿਵੇਂ ਕਈ ਕਿਸਮਾਂ ਦੀਆਂ ਪਾਣੀ ਦੀਆਂ ਲਹਿਰਾਂ ਉੱਠਦੀਆਂ ਹਨ, ਮੁੜ ਪਾਣੀ ਵਿਚ ਪਾਣੀ ਰਲ ਜਾਂਦਾ ਹੈ ।੮।

ਇਕੁ ਜਾਚਿਕੁ ਮੰਗੈ ਦਾਨੁ ਦੁਆਰੈ ॥ ਜਾ ਪ੍ਰਭ ਭਾਵੈ ਤਾ ਕਿਰਪਾ ਧਾਰੈ ॥ ਦੇਹੁ ਦਰਸੁ ਜਿਤੁ ਮਨੁ ਤ੍ਰਿਪਤਾਸੈ ਹਰਿ ਕੀਰਤਨਿ ਮਨੁ ਠਹਰਾਇਦਾ ॥੯॥ ਰੂੜੋ ਠਾਕੁਰੁ ਕਿਤੈ ਵਸਿ ਨ ਆਵੈ ॥ ਹਰਿ ਸੋ ਕਿਛੁ ਕਰੇ ਜਿ ਹਰਿ ਕਿਆ ਸੰਤਾ ਭਾਵੈ ॥ ਕੀਤਾ ਲੋੜਨਿ ਸੋਈ ਕਰਾਇਨਿ ਦਰਿ ਫੇਰੁ ਨ ਕੋਈ ਪਾਇਦਾ ॥੧੦॥ ਜਿਥੈ ਅਉਘਟੁ ਆਇ ਬਨਤੁ ਹੈ ਪ੍ਰਾਣੀ ॥ ਤਿਥੈ ਹਰਿ ਧਿਆਈਐ ਸਾਰਿੰਗਪਾਣੀ ॥ ਜਿਥੈ ਪੁਤ੍ਰੁ ਕਲਤ੍ਰੁ ਨ ਬੇਲੀ ਕੋਈ ਤਿਥੈ ਹਰਿ ਆਪਿ ਛਡਾਇਦਾ ॥੧੧॥ ਵਡਾ ਸਾਹਿਬੁ ਅਗਮ ਅਥਾਹਾ ॥ ਕਿਉ ਮਿਲੀਐ ਪ੍ਰਭ ਵੇਪਰਵਾਹਾ ॥ ਕਾਟਿ ਸਿਲਕ ਜਿਸੁ ਮਾਰਗਿ ਪਾਏ ਸੋ ਵਿਚਿ ਸੰਗਤਿ ਵਾਸਾ ਪਾਇਦਾ ॥੧੨॥ {ਪੰਨਾ ੧੦੭੬}

ਪਦ ਅਰਥ :—ਜਾਚਿਕੁ—ਮੰਗਤਾ {ਇਕ-ਵਚਨ} । ਦੁਆਰੈ—ਦਰ ਤੇ (ਖੜਾ) । ਜਾ—ਜਾਂ, ਜਦੋਂ । ਪ੍ਰਭ ਭਾਵੈ—ਪ੍ਰਭੂ ਨੂੰ ਚੰਗਾ ਲੱਗੇ । ਜਿਤੁ—ਜਿਸ (ਦਰਸਨ) ਦੀ ਰਾਹੀਂ । ਤ੍ਰਿਪਤਾਸੈ—ਰੱਜ ਜਾਂਦਾ ਹੈ । ਕੀਰਤਨਿ—ਕੀਰਤਨ ਵਿਚ ।੯।

ਰੂੜੋ—ਸੁੰਦਰ । ਕਿਤੈ—ਕਿਸੇ ਤਰੀਕੇ ਨਾਲ । ਵਸਿ—ਵੱਸ ਵਿਚ । ਜਿ—ਜੋ ਕੁਝ । ਕੀਤਾ ਲੋੜਨਿ—ਕਰਨਾ ਚਾਹੁੰਦੇ ਹਨ । ਕਰਾਇਨਿ—ਕਰਾ ਲੈਂਦੇ ਹਨ । ਦਰਿ—ਦਰ ਤੇ । ਫੇਰੁ—ਰੁਕਾਵਟ ।੧੦।

ਅਉਘਟੁ—ਔਖਿਆਈ । ਧਿਆਈਐ—ਸਿਮਰਨਾ ਚਾਹੀਦਾ ਹੈ । ਸਾਰਿੰਗਪਾਣੀ—ਧਨੁਖ-ਧਾਰੀ ਪ੍ਰਭੂ {ਸਾਰਿੰਗ—ਧਨੁਖ । ਪਾਣੀ—ਹੱਥ} । ਕਲਤ੍ਰੁ—ਇਸਤ੍ਰੀ ।੧੧।

ਅਗਮ—ਅਪਹੁੰਚ । ਅਥਾਹਾ—ਡੂੰਘਾ । ਵੇਪਰਵਾਹ—ਬੇ-ਮੁਥਾਜ । ਕਾਟਿ—ਕੱਟ ਕੇ । ਸਿਲਕ—ਫਾਹੀ । ਮਾਰਗਿ—(ਸਹੀ) ਰਸਤੇ ਉਤੇ ।੧੨।

ਅਰਥ :—(ਪ੍ਰਭੂ ਦਾ ਦਾਸ) ਇਕ ਮੰਗਤਾ (ਬਣ ਕੇ ਉਸ ਦੇ) ਦਰ ਤੇ (ਖੜਾ ਉਸ ਦੇ ਦਰਸਨ ਦਾ) ਖ਼ੈਰ ਮੰਗਦਾ ਹੈ । ਜਦੋਂ ਪ੍ਰਭੂ ਦੀ ਰਜ਼ਾ ਹੁੰਦੀ ਹੈ ਤਦੋਂ ਉਹ ਕਿਰਪਾ ਕਰਦਾ ਹੈ । (ਮੰਗਤਾ ਇਉਂ ਮੰਗੀ ਜਾਂਦਾ ਹੈ—ਹੇ ਪ੍ਰਭੂ!) ਆਪਣਾ ਦਰਸ਼ਨ ਦੇਹ, ਜਿਸ ਦੀ ਬਰਕਤਿ ਨਾਲ ਮਨ (ਮਾਇਆ ਵਲੋਂ) ਰੱਜ ਜਾਂਦਾ ਹੈ ਤੇ ਸਿਫ਼ਤਿ-ਸਾਲਾਹ ਵਿਚ ਟਿਕ ਜਾਂਦਾ ਹੈ ।੯।

ਹੇ ਭਾਈ! ਸੋਹਣਾ ਪ੍ਰਭੂ ਕਿਸੇ ਤਰੀਕੇ ਨਾਲ ਵੱਸ ਵਿਚ ਨਹੀਂ ਆਉਂਦਾ ਪਰ ਜੋ ਕੁਝ ਉਸ ਦੇ ਸੰਤ ਚਾਹੁੰਦੇ ਹਨ ਉਹ ਕੁਝ ਕਰ ਦੇਂਦਾ ਹੈ । (ਪ੍ਰਭੂ ਦੇ ਸੰਤ ਜਨ ਜੋ ਕੁਝ) ਕਰਨਾ ਚਾਹੁੰਦੇ ਹਨ ਉਹੀ ਕੁਝ ਪ੍ਰਭੂ ਪਾਸੋਂ ਕਰਾ ਲੈਂਦੇ ਹਨ । ਪ੍ਰਭੂ ਦੇ ਦਰ ਤੇ ਉਹਨਾਂ ਦੇ ਰਸਤੇ ਵਿਚ ਕੋਈ ਰੁਕਾਵਟ ਨਹੀਂ ਪਾ ਸਕਦਾ ।੧੦।

ਹੇ ਪ੍ਰਾਣੀ! (ਜੀਵਨ-ਸਫ਼ਰ ਵਿਚ) ਜਿਥੇ ਭੀ ਕੋਈ ਔਖਿਆਈ ਆ ਬਣਦੀ ਹੈ, ਉੱਥੇ ਹੀ ਧਨੁਖ-ਧਾਰੀ ਪ੍ਰਭੂ ਦਾ ਨਾਮ ਸਿਮਰਨਾ ਚਾਹੀਦਾ ਹੈ । ਜਿੱਥੇ ਨਾਹ ਪੁੱਤਰ ਨਾਹ ਇਸਤ੍ਰੀ ਕੋਈ ਭੀ ਸਾਥੀ ਨਹੀਂ ਬਣ ਸਕਦਾ, ਉਥੇ ਪ੍ਰਭੂ ਆਪ (ਔਖਿਆਈ ਤੋਂ) ਛੁਡਾ ਲੈਂਦਾ ਹੈ ।੧੧।

ਹੇ ਭਾਈ! ਪਰਮਾਤਮਾ ਅਪਹੁੰਚ ਹੈ, ਅਥਾਹ ਹੈ, ਵੱਡਾ ਮਾਲਕ ਹੈ । ਉਸ ਬੇ-ਮੁਥਾਜ ਨੂੰ ਜੀਵ ਆਪਣੇ ਉੱਦਮ ਨਾਲ ਨਹੀਂ ਮਿਲ ਸਕਦਾ । ਉਹ ਪ੍ਰਭੂ ਆਪ ਹੀ ਜਿਸ ਮਨੁੱਖ ਨੂੰ (ਮਾਇਆ ਦੇ ਮੋਹ ਦੀ) ਫਾਹੀ ਕੱਟ ਕੇ ਸਹੀ ਜੀਵਨ-ਰਾਹ ਤੇ ਪਾਂਦਾ ਹੈ, ਉਹ ਮਨੁੱਖ ਸਾਧ ਸੰਗਤਿ ਵਿਚ ਆ ਟਿਕਦਾ ਹੈ ।੧੨।

ਹੁਕਮੁ ਬੂਝੈ ਸੋ ਸੇਵਕੁ ਕਹੀਐ ॥ ਬੁਰਾ ਭਲਾ ਦੁਇ ਸਮਸਰਿ ਸਹੀਐ ॥ ਹਉਮੈ ਜਾਇ ਤ ਏਕੋ ਬੂਝੈ ਸੋ ਗੁਰਮੁਖਿ ਸਹਜਿ ਸਮਾਇਦਾ ॥੧੩॥ ਹਰਿ ਕੇ ਭਗਤ ਸਦਾ ਸੁਖਵਾਸੀ ॥ ਬਾਲ ਸੁਭਾਇ ਅਤੀਤ ਉਦਾਸੀ ॥ ਅਨਿਕ ਰੰਗ ਕਰਹਿ ਬਹੁ ਭਾਤੀ ਜਿਉ ਪਿਤਾ ਪੂਤੁ ਲਾਡਾਇਦਾ ॥੧੪॥ ਅਗਮ ਅਗੋਚਰੁ ਕੀਮਤਿ ਨਹੀ

ਪਾਈ ॥ ਤਾ ਮਿਲੀਐ ਜਾ ਲਏ ਮਿਲਾਈ ॥ ਗੁਰਮੁਖਿ ਪ੍ਰਗਟੁ ਭਇਆ ਤਿਨ ਜਨ ਕਉ ਜਿਨ ਧੁਰਿ ਮਸਤਕਿ ਲੇਖੁ ਲਿਖਾਇਦਾ ॥੧੫॥ ਤੂ ਆਪੇ ਕਰਤਾ ਕਾਰਣ ਕਰਣਾ ॥ ਸ੍ਰਿਸਟਿ ਉਪਾਇ ਧਰੀ ਸਭ ਧਰਣਾ ॥ ਜਨ ਨਾਨਕੁ ਸਰਣਿ ਪਇਆ ਹਰਿ ਦੁਆਰੈ ਹਰਿ ਭਾਵੈ ਲਾਜ ਰਖਾਇਦਾ ॥੧੬॥੧॥੫॥ {ਪੰਨਾ ੧੦੭੬}

ਪਦ ਅਰਥ :—ਬੂਝੈ—(ਜਿਹੜਾ ਮਨੁੱਖ) ਸਮਝ ਲੈਂਦਾ ਹੈ । ਕਹੀਐ—ਆਖਿਆ ਜਾਂਦਾ ਹੈ । ਦੁਇ—ਦੋਵੇਂ । ਸਮਸਰਿ—ਬਰਾਬਰ, ਇਕੋ ਜਿਹੇ । ਸਹੀਐ—ਸਹਾਰਨਾ ਚਾਹੀਦਾ ਹੈ । ਜਾਇ—ਜਾਂਦੀ ਹੈ । ਤ—ਤਦੋਂ । ਏਕੋ ਬੂਝੈ—ਇਕ ਪਰਮਾਤਮਾ ਨੂੰ ਹੀ ਸਭ ਕੁਝ ਕਰਨ ਕਰਾਣ ਵਾਲਾ ਸਮਝਦਾ ਹੈ । ਗੁਰਮੁਖਿ—ਗੁਰੂ ਦੇ ਸਨਮੁਖ ਰਹਿਣ ਵਾਲਾ । ਸਹਜਿ—ਆਤਮਕ ਅਡੋਲਤਾ ਵਿਚ ।੧੩।

ਸੁਖ ਵਾਸੀ—ਆਤਮਕ ਆਨੰਦ ਵਿਚ ਟਿਕੇ ਰਹਿਣ ਵਾਲੇ । ਬਾਲ ਸੁਭਾਇ—ਬਾਲਕ ਵਾਲੇ ਸੁਭਾਉ ਵਿਚ, ਵੈਰ-ਵਿਰੋਧ ਤੋਂ ਪਰੇ ਰਹਿ ਕੇ । ਅਤੀਤ—ਵਿਰਕਤ । ਕਰਹਿ—ਕਰਦੇ ਹਨ । ਲਾਡਾਇਦਾ—ਲਾਡ ਕਰਾਂਦਾ ਹੈ ।੧੪।

ਅਗੋਚਰੁ—{ਅ-ਗੋ-ਚਰੁ । ਗੋ—ਗਿਆਨ-ਇੰਦ੍ਰੇ} । ਗਿਆਨ-ਇੰਦ੍ਰਿਆਂ ਦੀ ਪਹੁੰਚ ਤੋਂ ਪਰੇ । ਜਾ—ਜਾਂ, ਜਦੋਂ । ਗੁਰਮੁਖਿ—ਗੁਰੂ ਦੀ ਰਾਹੀਂ । ਜਿਨ ਮਸਤਕਿ—ਜਿਨ੍ਹਾਂ ਦੇ ਮੱਥੇ ਉਤੇ । ਧੁਰਿ—ਧੁਰੋਂ, ਪ੍ਰਭੂ ਦੇ ਹੁਕਮ ਅਨੁਸਾਰ । ਲੇਖੁ—ਕੀਤੇ ਕਰਮਾਂ ਅਨੁਸਾਰ ਭਾਗਾਂ ਵਿਚ ਲਿਖਿਆ ਲੇਖ ।੧੫।

ਕਰਤਾ—ਪੈਦਾ ਕਰਨ ਵਾਲਾ । ਕਰਣਾ—ਕਰਣ, ਜਗਤ । ਕਾਰਣ—ਮੂਲ । ਧਰੀ—ਆਸਰਾ ਦਿੱਤਾ ਹੋਇਆ ਹੈ । ਧਰਣਾ—ਧਰਤੀ । ਹਰਿ ਦੁਆਰੈ—ਹਰੀ ਦੇ ਦਰ ਤੇ । ਹਰਿ ਭਾਵੈ—ਜੇ ਹਰੀ ਨੂੰ ਚੰਗਾ ਲੱਗੇ । ਲਾਜ—ਇੱਜ਼ਤ ।੧੬।

ਅਰਥ :—ਹੇ ਭਾਈ! ਉਹ ਮਨੁੱਖ ਪਰਮਾਤਮਾ ਦਾ ਭਗਤ ਆਖਿਆ ਜਾਂਦਾ ਹੈ, ਜਿਹੜਾ (ਹਰੇਕ ਹੋ ਰਹੀ ਕਾਰ ਨੂੰ ਪਰਮਾਤਮਾ ਦੀ) ਸਮਝਦਾ ਹੈ (ਤੇ, ਇਹ ਨਿਸ਼ਚਾ ਰੱਖਦਾ ਹੈ ਕਿ) ਦੁਖ (ਆਵੇ ਚਾਹੇ) ਸੁਖ, ਦੋਹਾਂ ਨੂੰ ਇਕੋ ਜਿਹਾ ਸਹਾਰਨਾ ਚਾਹੀਦਾ ਹੈ । ਪਰ ਮਨੁੱਖ ਤਦੋਂ ਹੀ ਸਿਰਫ਼ ਪਰਮਾਤਮਾ ਨੂੰ ਹੀ ਸਭ ਕੁਝ ਕਰਨ ਕਰਾਣ ਵਾਲਾ ਸਮਝਦਾ ਹੈ ਜਦੋਂ ਉਸ ਦੇ ਅੰਦਰੋਂ ਹਉਮੈ ਦੂਰ ਹੁੰਦੀ ਹੈ । ਉਹ ਮਨੁੱਖ ਗੁਰੂ ਦੇ ਸਨਮੁਖ ਰਹਿ ਕੇ ਆਤਮਕ ਅਡੋਲਤਾ ਵਿਚ ਟਿਕਿਆ ਰਹਿੰਦਾ ਹੈ ।੧੩।

ਹੇ ਭਾਈ! ਪਰਮਾਤਮਾ ਦੇ ਭਗਤ ਸਦਾ ਆਤਮਕ ਆਨੰਦ ਮਾਣਦੇ ਹਨ । ਉਹ ਸਦਾ ਵੈਰ-ਵਿਰੋਧ ਤੋਂ ਪਰੇ ਰਹਿੰਦੇ ਹਨ, ਵਿਰਕਤ ਅਤੇ ਮਾਇਆ ਦੇ ਮੋਹ ਤੋਂ ਉਤਾਂਹ ਰਹਿੰਦੇ ਹਨ । ਜਿਵੇਂ ਪਿਉ ਆਪਣੇ ਪੁੱਤਰ ਨੂੰ ਕਈ ਲਾਡ ਲਡਾਂਦਾ ਹੈ, (ਤਿਵੇਂ ਭਗਤ ਪ੍ਰਭੂ-ਪਿਤਾ ਦੀ ਗੋਦ ਵਿਚ ਰਹਿ ਕੇ) ਕਈ ਤਰ੍ਹਾਂ ਦੇ ਅਨੇਕਾਂ ਆਤਮਕ ਰੰਗ ਮਾਣਦੇ ਹਨ ।੧੪।

ਹੇ ਭਾਈ! ਪਰਮਾਤਮਾ ਅਪਹੁੰਚ ਹੈ, ਗਿਆਨ-ਇੰਦ੍ਰਿਆਂ ਦੀ ਪਹੁੰਚ ਤੋਂ ਪਰੇ ਹੈ । ਉਹ ਕਿਸੇ ਭੀ ਦੁਨੀਆਵੀ ਪਦਾਰਥ ਦੇ ਵੱਟੇ ਨਹੀਂ ਮਿਲ ਸਕਦਾ । ਉਸ ਨੂੰ ਤਦੋਂ ਹੀ ਮਿਲ ਸਕੀਦਾ ਹੈ, ਜਦੋਂ ਉਹ ਆਪ ਹੀ ਮਿਲਾਂਦਾ ਹੈ । ਗੁਰੂ ਦੀ ਰਾਹੀਂ ਉਹਨਾਂ ਮਨੁੱਖਾਂ ਦੇ ਹਿਰਦੇ ਵਿਚ ਪਰਗਟ ਹੁੰਦਾ ਹੈ ਜਿਨ੍ਹਾਂ ਦੇ ਮੱਥੇ ਉਤੇ (ਪੂਰਬਲੇ ਸੰਸਕਾਰਾਂ ਅਨੁਸਾਰ) ਧੁਰੋਂ ਹੀ ਮਿਲਾਪ ਦਾ ਲੇਖ ਲਿਖਿਆ ਹੁੰਦਾ ਹੈ ।੧੫।

ਹੇ ਪ੍ਰਭੂ! ਤੂੰ ਆਪ ਹੀ ਪੈਦਾ ਕਰਨ ਵਾਲਾ ਹੈਂ, ਤੂੰ ਆਪ ਹੀ ਜਗਤ ਦਾ ਮੂਲ ਹੈਂ । ਤੂੰ ਆਪ ਹੀ ਸ੍ਰਿਸ਼ਟੀ ਪੈਦਾ ਕਰ ਕੇ ਸਾਰੀ ਧਰਤੀ ਨੂੰ ਸਹਾਰਾ ਦਿੱਤਾ ਹੋਇਆ ਹੈ ।

ਹੇ ਭਾਈ! ਦਾਸ ਨਾਨਕ ਉਸੇ ਪ੍ਰਭੂ ਦੇ ਦਰ ਤੇ (ਡਿੱਗਾ ਹੋਇਆ ਹੈ, ਉਸੇ ਦੀ) ਸਰਨ ਪਿਆ ਹੋਇਆ ਹੈ । ਉਸ ਦੀ ਆਪਣੀ ਰਜ਼ਾ ਹੁੰਦੀ ਹੈ ਤਾਂ (ਲੋਕ ਪਰਲੋਕ ਵਿਚ ਜੀਵ ਦੀ) ਇੱਜ਼ਤ ਰੱਖ ਲੈਂਦਾ ਹੈ ।੧੬।੧।੫।

ਮਾਰੂ ਸੋਲਹੇ ਮਹਲਾ ੫

ੴ ਸਤਿਗੁਰ ਪ੍ਰਸਾਦਿ ॥ ਜੋ ਦੀਸੈ ਸੋ ਏਕੋ ਤੂਹੈ ॥ ਬਾਣੀ ਤੇਰੀ ਸ੍ਰਵਣਿ ਸੁਣੀਐ ॥ ਦੂਜੀ ਅਵਰ ਨ ਜਾਪਸਿ ਕਾਈ ਸਗਲ ਤੁਮਾਰੀ ਧਾਰਣਾ ॥੧॥ ਆਪਿ ਚਿਤਾਰੇ ਅਪਣਾ ਕੀਆ ॥ ਆਪੇ ਆਪਿ ਆਪਿ ਪ੍ਰਭੁ ਥੀਆ ॥ ਆਪਿ ਉਪਾਇ ਰਚਿਓਨੁ ਪਸਾਰਾ ਆਪੇ ਘਟਿ ਘਟਿ ਸਾਰਣਾ ॥੨॥ ਇਕਿ ਉਪਾਏ ਵਡ ਦਰਵਾਰੀ ॥ ਇਕਿ ਉਦਾਸੀ ਇਕਿ ਘਰ ਬਾਰੀ ॥ ਇਕਿ ਭੂਖੇ ਇਕਿ ਤ੍ਰਿਪਤਿ ਅਘਾਏ ਸਭਸੈ ਤੇਰਾ ਪਾਰਣਾ ॥੩॥ ਆਪੇ ਸਤਿ ਸਤਿ ਸਤਿ ਸਾਚਾ ॥ ਓਤਿ ਪੋਤਿ ਭਗਤਨ ਸੰਗਿ ਰਾਚਾ ॥ ਆਪੇ ਗੁਪਤੁ ਆਪੇ ਹੈ ਪਰਗਟੁ ਅਪਣਾ ਆਪੁ ਪਸਾਰਣਾ ॥੪॥ {ਪੰਨਾ ੧੦੭੬}

ਪਦ ਅਰਥ :—ਦੀਸੈ—ਦਿੱਸ ਰਿਹਾ ਹੈ । ਏਕੋ ਤੂ ਹੈ—ਸਿਰਫ਼ ਤੂੰ ਹੀ ਤੂੰ ਹੈਂ । ਬਾਣੀ—ਆਵਾਜ਼ । ਸ੍ਰਵਣਿ—ਕੰਨ ਨਾਲ । ਸੁਣੀਐ—ਸੁਣੀ ਜਾ ਰਹੀ ਹੈ । ਅਵਰ—ਹੋਰ । ਕਾਈ—{ਲਫ਼ਜ਼ 'ਕੋਈ' ਪੁਲਿੰਗ ਹੈ, ਅਤੇ 'ਕਾਈ' ਇਸਤ੍ਰੀ-ਲਿੰਗ ਹੈ} । ਸਗਲ—ਸਾਰੀ ਸ੍ਰਿਸ਼ਟੀ । ਧਾਰਣਾ—ਆਸਰਾ ਦਿੱਤਾ ਹੋਇਆ ਹੈ ।੧।

ਚਿਤਾਰੇ—ਸੰਭਾਲ ਕਰਦਾ ਹੈ, ਖ਼ਿਆਲ ਰੱਖਦਾ ਹੈ । ਕੀਆ—ਪੈਦਾ ਕੀਤਾ ਹੋਇਆ (ਜਗਤ) । ਆਪੇ—ਆਪ ਹੀ । ਥੀਆ—(ਹਰ ਥਾਂ ਮੌਜੂਦ) ਹੈ । ਉਪਾਇ—ਪੈਦਾ ਕਰ ਕੇ । ਰਚਿਓਨੁ—ਉਸ (ਪ੍ਰਭੂ) ਨੇ ਰਚਿਆ ਹੈ । ਪਸਾਰਾ—ਜਗਤ-ਖਿਲਾਰਾ । ਘਟਿ ਘਟਿ—ਹਰੇਕ ਘਟ ਵਿਚ । ਸਾਰਣਾ—ਸਾਰ ਲੈਂਦਾ ਹੈ ।੨।

ਇਕਿ—{ਲਫ਼ਜ਼ 'ਇਕ' ਤੋਂ ਬਹੁ-ਵਚਨ} ਕਈ । ਦਰਵਾਰੀ—ਦਰਬਾਰ ਵਾਲੇ । ਉਦਾਸੀ—ਵਿਰਕਤ । ਘਰਬਾਰੀ—ਗ੍ਰਿਹਸਤੀ । ਭੂਖੇ—ਭੁੱਖੇ, ਤ੍ਰਿਸ਼ਨਾ ਦੇ ਅਧੀਨ । ਤ੍ਰਿਪਤਿ ਅਘਾਏ—ਪੂਰਨ ਤੌਰ ਤੇ ਰੱਜੇ ਹੋਏ । ਸਭਸੈ—ਹਰੇਕ ਜੀਵ ਨੂੰ । ਪਾਰਣਾ—ਪਰਣਾ, ਆਸਰਾ ।੩।

ਸਤਿ—{ਸ੍ਹਯ} ਸਦਾ ਕਾਇਮ ਰਹਿਣ ਵਾਲਾ । ਸਾਚਾ—ਸਦਾ ਕਾਇਮ ਰਹਿਣ ਵਾਲਾ । ਓਤਿ ਪੋਤਿ—ਤਾਣੇ ਪੇਟੇ ਵਿਚ {ਓਤ—ਉਣਿਆ ਹੋਇਆ । ਪੋਤ—ਪ੍ਰੋਤ, ਪ੍ਰੋਤਾ ਹੋਇਆ} । ਸੰਗਿ—ਨਾਲ । ਰਾਚਾ—ਰਚਿਆ-ਮਿਚਿਆ, ਮਿਲਿਆ ਹੋਇਆ । ਗੁਪਤੁ—ਲੁਕਿਆ ਹੋਇਆ । ਆਪੁ—ਆਪਣੇ ਆਪ ਨੂੰ ।

ਪਸਾਰਣਾ—ਖਿਲਾਰਿਆ ਹੋਇਆ ਹੈ ।੪।

ਅਰਥ :—ਹੇ ਪ੍ਰਭੂ! (ਜਗਤ ਵਿਚ) ਜੋ ਕੁਝ ਦਿੱਸ ਰਿਹਾ ਹੈ, ਇਹ ਸਭ ਕੁਝ ਸਿਰਫ਼ ਤੂੰ ਹੀ ਤੂੰ ਹੈਂ । (ਸਭ ਜੀਵਾਂ ਵਿਚ ਤੂੰ ਹੀ ਬੋਲ ਰਿਹਾ ਹੈਂ) ਤੇਰਾ ਹੀ ਬੋਲ ਕੰਨੀਂ ਸੁਣਿਆ ਜਾ ਰਿਹਾ ਹੈ । ਸਾਰੀ ਸ੍ਰਿਸ਼ਟੀ ਤੇਰੀ ਹੀ ਰਚੀ ਹੋਈ ਹੈ, ਕੋਈ ਭੀ ਸ਼ੈ ਤੈਥੋਂ ਵੱਖਰੀ ਨਹੀਂ ਦਿੱਸ ਰਹੀ ।੧।

ਹੇ ਭਾਈ! ਆਪਣੇ ਪੈਦਾ ਕੀਤੇ ਜਗਤ ਦੀ ਪ੍ਰਭੂ ਆਪ ਹੀ ਸੰਭਾਲ ਕਰ ਰਿਹਾ ਹੈ, ਹਰ ਥਾਂ ਪ੍ਰਭੂ ਆਪ ਹੀ ਆਪ ਹੈ । ਪ੍ਰਭੂ ਨੇ ਆਪ ਹੀ ਆਪਣੇ ਆਪ ਤੋਂ ਪੈਦਾ ਕਰ ਕੇ ਇਹ ਜਗਤ-ਪਸਾਰਾ ਰਚਿਆ ਹੈ । ਹਰੇਕ ਸਰੀਰ ਵਿਚ ਆਪ ਹੀ (ਵਿਆਪਕ ਹੋ ਕੇ ਸਭ ਦੀ) ਸਾਰ ਲੈਂਦਾ ਹੈ ।੨।

ਹੇ ਪ੍ਰਭੂ! ਤੂੰ ਕਈ ਵੱਡੇ ਦਰਬਾਰਾਂ ਵਾਲੇ ਪੈਦਾ ਕੀਤੇ ਹਨ, ਕਈ ਤਿਆਗੀ ਤੇ ਕਈ ਗ੍ਰਿਹਸਤੀ ਬਣਾ ਦਿੱਤੇ ਹਨ । ਤੂੰ ਕਈ ਤਾਂ ਅਜਿਹੇ ਪੈਦਾ ਕੀਤੇ ਹਨ ਜੋ ਸਦਾ ਤ੍ਰਿਸ਼ਨਾ ਦੇ ਅਧੀਨ ਰਹਿੰਦੇ ਹਨ, ਤੇ ਕਈ ਪੂਰਨ ਤੌਰ ਤੇ ਰੱਜੇ ਹੋਏ ਹਨ । ਹਰੇਕ ਜੀਵ ਨੂੰ ਤੇਰਾ ਹੀ ਸਹਾਰਾ ਹੈ ।੩।

ਹੇ ਭਾਈ! ਪਰਮਾਤਮਾ ਸਿਰਫ਼ ਆਪ ਹੀ ਸਦਾ ਕਾਇਮ ਰਹਿਣ ਵਾਲਾ ਹੈ । ਤਾਣੇ ਪੇਟੇ ਵਾਂਗ ਆਪਣੇ ਭਗਤਾਂ ਨਾਲ ਰਚਿਆ-ਮਿਚਿਆ ਰਹਿੰਦਾ ਹੈ । (ਜੀਵਾਤਮਾ ਦੇ ਰੂਪ ਵਿਚ ਹਰੇਕ ਜੀਵ ਦੇ ਅੰਦਰ) ਆਪ ਹੀ ਲੁਕਿਆ ਹੋਇਆ ਹੈ, ਇਹ ਦਿੱਸਦਾ ਪਸਾਰਾ ਭੀ ਉਹ ਆਪ ਹੀ ਹੈ । (ਜਗਤ-ਰੂਪ ਵਿਚ) ਉਸ ਨੇ ਆਪਣੇ ਆਪ ਨੂੰ ਆਪ ਹੀ ਖਿਲਾਰਿਆ ਹੋਇਆ ਹੈ ।੪।

ਸਦਾ ਸਦਾ ਸਦ ਹੋਵਣਹਾਰਾ ॥ ਊਚਾ ਅਗਮੁ ਅਥਾਹੁ ਅਪਾਰਾ ॥ ਊਣੇ ਭਰੇ ਭਰੇ ਭਰਿ ਊਣੇ ਏਹਿ ਚਲਤ ਸੁਆਮੀ ਕੇ ਕਾਰਣਾ ॥੫॥ ਮੁਖਿ ਸਾਲਾਹੀ ਸਚੇ ਸਾਹਾ ॥ ਨੈਣੀ ਪੇਖਾ ਅਗਮ ਅਥਾਹਾ ॥ ਕਰਨੀ ਸੁਣਿ ਸੁਣਿ ਮਨੁ ਤਨੁ ਹਰਿਆ ਮੇਰੇ ਸਾਹਿਬ ਸਗਲ ਉਧਾਰਣਾ ॥੬॥ ਕਰਿ ਕਰਿ ਵੇਖਹਿ ਕੀਤਾ ਅਪਣਾ ॥ ਜੀਅ ਜੰਤ ਸੋਈ ਹੈ ਜਪਣਾ ॥ ਅਪਣੀ ਕੁਦਰਤਿ ਆਪੇ ਜਾਣੈ ਨਦਰੀ ਨਦਰਿ ਨਿਹਾਲਣਾ ॥੭॥ ਸੰਤ ਸਭਾ ਜਹ ਬੈਸਹਿ ਪ੍ਰਭ ਪਾਸੇ ॥ ਅਨੰਦ ਮੰਗਲ ਹਰਿ ਚਲਤ ਤਮਾਸੇ ॥ ਗੁਣ ਗਾਵਹਿ ਅਨਹਦ ਧੁਨਿ ਬਾਣੀ ਤਹ ਨਾਨਕ ਦਾਸੁ ਚਿਤਾਰਣਾ ॥੮॥ {ਪੰਨਾ ੧੦੭੭}

ਪਦ ਅਰਥ :—ਸਦ-ਸਦਾ । ਹੋਵਣਹਾਰਾ—ਕਾਇਮ ਰਹਿ ਸਕਣ ਵਾਲਾ । ਅਗਮੁ—ਅਪਹੁੰਚ । ਅਪਾਰਾ—ਬੇਅੰਤ । ਊਣੇ—ਸੱਖਣੇ । ਭਰਿ—ਭਰ ਕੇ । ਏਹਿ—{ਲਫ਼ਜ਼ 'ਏਹ' ਤੋਂ ਬਹੁ-ਵਚਨ} । ਚਲਤ—{ਬਹੁ-ਵਚਨ} ਕੌਤਕ ।੫।

ਮੁਖਿ—ਮੂੰਹ ਨਾਲ । ਸਾਲਾਹੀ—ਸਾਲਾਹੀਂ, ਮੈਂ ਸਿਫ਼ਤਿ-ਸਾਲਾਹ ਕਰਾਂ । ਸਚੇ ਸਾਹਾ—ਹੇ ਸਦਾ-ਥਿਰ ਸ਼ਾਹ! ਨੈਣੀ—ਨੈਣੀਂ, ਅੱਖਾਂ ਨਾਲ । ਪੇਖਾ—ਪੇਖਾਂ, ਮੈਂ ਵੇਖਾਂ । ਕਰਨੀ—ਕਰਨੀਂ, ਕੰਨਾਂ ਨਾਲ । ਸੁਣਿ—ਸੁਣ ਕੇ । ਸਾਹਿਬ—ਹੇ ਸਾਹਿਬ! ਸਗਲ—ਸਾਰੇ ਜੀਵ ।੬।

ਵੇਖਹਿ—ਤੂੰ ਵੇਖਦਾ ਹੈਂ, ਸੰਭਾਲ ਕਰਦਾ ਹੈਂ । ਕਰਿ—(ਪੈਦਾ) ਕਰ ਕੇ । ਸੋਈ—ਉਸ ਪਰਮਾਤਮਾ ਨੂੰ ਹੀ । ਆਪੇ—ਆਪ ਹੀ । ਨਦਰੀ—ਮਿਹਰ ਦੀ ਨਿਗਾਹ ਵਾਲਾ । ਨਦਰਿ—ਮਿਹਰ ਦੀ ਨਿਗਾਹ ਨਾਲ । ਨਿਹਾਲਣਾ—ਵੇਖਦਾ ਹੈ ।੭।

ਸੰਤ ਸਭਾ—ਸੰਤਾਂ ਦੀ ਸਭਾ, ਸਾਧ ਸੰਗਤਿ । ਜਹ—ਜਿੱਥੇ । ਬੈਸਹਿ—ਬੈਠਦੇ ਹਨ {ਬਹੁ-ਵਚਨ} । ਪ੍ਰਭ ਪਾਸੇ—ਪ੍ਰਭੂ ਦੇ ਪਾਸ, ਪ੍ਰਭੂ-ਚਰਨਾਂ ਵਿਚ । ਮੰਗਲ—ਖ਼ੁਸ਼ੀਆਂ । ਗਾਵਹਿ—ਗਾਂਦੇ ਹਨ । ਅਨਹਦ ਧੁਨਿ—ਇਕ-ਰਸ ਸੁਰ ਨਾਲ । ਤਹ—ਉਥੇ । ਚਿਤਾਰਣਾ—ਚੇਤੇ ਕਰਦਾ ਹੈ ।੮।

ਅਰਥ :—ਹੇ ਭਾਈ! ਪਰਮਾਤਮਾ ਸਦਾ ਹੀ ਸਦਾ ਹੀ ਜੀਊਂਦਾ ਰਹਿਣ ਵਾਲਾ ਹੈ, (ਆਤਮਕ ਅਵਸਥਾ ਵਿਚ) ਉਹ ਬਹੁਤ ਉੱਚਾ ਹੈ, ਅਪਹੁੰਚ ਹੈ, ਅਥਾਹ ਹੈ, ਬੇਅੰਤ ਹੈ । ਉਸ ਮਾਲਕ-ਪ੍ਰਭੂ ਦੇ ਇਹ ਕੌਤਕ ਤਮਾਸ਼ੇ ਹਨ ਕਿ ਸੱਖਣੇ (ਭਾਂਡੇ) ਭਰ ਦੇਂਦਾ ਹੈ, ਭਰਿਆਂ ਨੂੰ ਖ਼ਾਲੀ ਕਰ ਦੇਂਦਾ ਹੈ ।੫।

ਹੇ ਸਦਾ ਕਾਇਮ ਰਹਿਣ ਵਾਲੇ ਪਾਤਿਸ਼ਾਹ! (ਮਿਹਰ ਕਰ) ਮੈਂ ਮੂੰਹੋਂ ਤੇਰੀ ਸਿਫ਼ਤਿ-ਕਰਦਾ ਰਹਾਂ । ਹੇ ਅਪਹੁੰਚ ਤੇ ਅਥਾਹ ਪ੍ਰਭੂ! (ਕਿਰਪਾ ਕਰ, ਹਰ ਥਾਂ) ਮੈਂ (ਤੈਨੂੰ) ਅੱਖਾਂ ਨਾਲ ਵੇਖਾਂ । ਕੰਨਾਂ ਨਾਲ ਤੇਰੀ ਸਿਫ਼ਤਿ-ਸਾਲਾਹ ਸੁਣ ਸੁਣ ਕੇ ਮੇਰਾ ਮਨ ਮੇਰਾ ਤਨ (ਆਤਮਕ ਜੀਵਨ ਨਾਲ) ਹਰਿਆ-ਭਰਿਆ ਹੋਇਆ ਰਹੇ । ਹੇ ਮੇਰੇ ਮਾਲਕ! ਤੂੰ ਸਭਨਾਂ ਜੀਵਾਂ ਦਾ ਬੇੜਾ ਪਾਰ ਕਰਨ ਵਾਲਾ ਹੈਂ ।੬।

ਹੇ ਪ੍ਰਭੂ! ਤੂੰ ਸਭ ਜੀਵਾਂ ਨੂੰ ਪੈਦਾ ਕਰ ਕਰ ਕੇ ਆਪਣੇ ਪੈਦਾ ਕੀਤਿਆਂ ਦੀ ਸੰਭਾਲ ਕਰਦਾ ਹੈਂ । ਹੇ ਭਾਈ! ਸਾਰੇ ਜੀਅ ਜੰਤ ਉਸੇ ਸਿਰਜਣਹਾਰ ਨੂੰ ਜਪਦੇ ਹਨ । ਆਪਣੀ ਕੁਦਰਤ (ਪੈਦਾ ਕਰਨ ਦੀ ਤਾਕਤ) ਨੂੰ ਆਪ ਹੀ ਜਾਣਦਾ ਹੈ । ਮਿਹਰ ਦਾ ਮਾਲਕ ਪ੍ਰਭੂ ਮਿਹਰ ਦੀ ਨਿਗਾਹ ਨਾਲ ਸਭ ਵਲ ਤੱਕਦਾ ਹੈ ।੭।

ਹੇ ਭਾਈ! ਜਿਸ ਸਾਧ ਸੰਗਤਿ ਵਿਚ (ਸੰਤ ਜਨ) ਪ੍ਰਭੂ ਦੇ ਚਰਨਾਂ ਵਿਚ ਬੈਠਦੇ ਹਨ, ਪ੍ਰਭੂ ਦੇ ਕੌਤਕ ਤਮਾਸ਼ਿਆਂ ਦਾ ਜ਼ਿਕਰ ਕਰ ਕੇ ਆਤਮਕ ਆਨੰਦ ਖ਼ੁਸ਼ੀਆਂ ਮਾਣਦੇ ਹਨ, ਅਤੇ ਇਕ-ਰਸ ਸੁਰ ਵਿਚ ਬਾਣੀ ਦੀ ਰਾਹੀਂ ਪ੍ਰਭੂ ਦੇ ਗੁਣ ਗਾਂਦੇ ਹਨ, (ਜੇ ਪ੍ਰਭੂ ਦੀ ਮਿਹਰ ਹੋਵੇ ਤਾਂ) ਉਸ ਸਾਧ ਸੰਗਤਿ ਵਿਚ ਦਾਸ ਨਾਨਕ ਭੀ ਉਸ ਦੇ ਗੁਣ ਆਪਣੇ ਹਿਰਦੇ ਵਿਚ ਵਸਾਏ ।੮।

ਆਵਣੁ ਜਾਣਾ ਸਭੁ ਚਲਤੁ ਤੁਮਾਰਾ ॥ ਕਰਿ ਕਰਿ ਦੇਖੈ ਖੇਲੁ ਅਪਾਰਾ ॥ ਆਪਿ ਉਪਾਏ ਉਪਾਵਣਹਾਰਾ ਅਪਣਾ ਕੀਆ ਪਾਲਣਾ ॥੯॥ ਸੁਣਿ ਸੁਣਿ ਜੀਵਾ ਸੋਇ ਤੁਮਾਰੀ ॥ ਸਦਾ ਸਦਾ ਜਾਈ ਬਲਿਹਾਰੀ ॥ ਦੁਇ ਕਰ ਜੋੜਿ ਸਿਮਰਉ ਦਿਨੁ ਰਾਤੀ ਮੇਰੇ ਸੁਆਮੀ ਅਗਮ ਅਪਾਰਣਾ ॥੧੦॥ ਤੁਧੁ ਬਿਨੁ ਦੂਜੇ ਕਿਸੁ ਸਾਲਾਹੀ ॥ ਏਕੋ ਏਕੁ ਜਪੀ ਮਨ ਮਾਹੀ ॥ ਹੁਕਮੁ ਬੂਝਿ ਜਨ ਭਏ ਨਿਹਾਲਾ ਇਹ ਭਗਤਾ ਕੀ ਘਾਲਣਾ ॥੧੧॥ ਗੁਰ ਉਪਦੇਸਿ ਜਪੀਐ ਮਨਿ ਸਾਚਾ ॥ ਗੁਰ ਉਪਦੇਸਿ ਰਾਮ ਰੰਗਿ ਰਾਚਾ ॥ ਗੁਰ ਉਪਦੇਸਿ ਤੁਟਹਿ ਸਭਿ ਬੰਧਨ ਇਹੁ ਭਰਮੁ ਮੋਹੁ ਪਰਜਾਲਣਾ ॥੧੨॥ {ਪੰਨਾ ੧੦੭੭}

ਪਦ ਅਰਥ :—ਆਵਣੁ ਜਾਣਾ—(ਜੀਵਾਂ ਦਾ) ਜੰਮਣਾ ਤੇ ਮਰਨਾ । ਚਲਤੁ—ਤਮਾਸ਼ਾ, ਖੇਲ । ਕਰਿ—ਪੈਦਾ ਕਰ ਕੇ । ਅਪਾਰਾ—ਬੇਅੰਤ ਪ੍ਰਭੂ । ਉਪਾਵਣਹਾਰਾ—ਪੈਦਾ ਕਰਨ ਦੀ ਸਮਰਥਾ ਵਾਲਾ । ਕੀਆ—ਪੈਦਾ ਕੀਤੇ ਹੋਏ ਨੂੰ ।੯।

ਸੁਣਿ—ਸੁਣ ਕੇ । ਜੀਵਾ—ਜੀਵਾਂ, ਮੈਂ ਆਤਮਕ ਜੀਵਨ ਪ੍ਰਾਪਤ ਕਰਦਾ ਹਾਂ । ਸੋਇ—ਖ਼ਬਰ, ਸੋਭਾ । ਜਾਈ—ਜਾਈਂ, ਮੈਂ ਜਾਂਦਾ ਹਾਂ । ਦੁਇ ਕਰ—ਦੋਵੇਂ ਹੱਥ {ਬਹੁ-ਵਚਨ} । ਜੋੜਿ—ਜੋੜ ਕੇ । ਸਿਮਰਉ—ਸਿਮਰਉਂ, ਮੈਂ ਸਿਮਰਦਾ ਹਾਂ । ਅਪਾਰਣਾ—ਹੇ ਅਪਾਰ! ।੧੦।

ਸਾਲਾਹੀ—ਸਾਲਾਹੀਂ, ਮੈਂ ਸਾਲਾਹਾਂ । ਜਪੀ—ਜਪੀਂ, ਮੈਂ ਜਪਦਾ ਹਾਂ । ਮਾਹੀ—ਮਾਹਿ, ਵਿਚ । ਬੂਝਿ—ਸਮਝ ਕੇ । ਜਨ—ਪ੍ਰਭੂ ਦੇ ਸੇਵਕ । ਨਿਹਾਲਾ—ਪ੍ਰਸੰਨ । ਘਾਲਣਾ—ਮਿਹਨਤ, ਕਮਾਈ ।੧੧।

ਉਪਦੇਸਿ—ਉਪਦੇਸ਼ ਦੀ ਰਾਹੀਂ । ਜਪੀਐ—ਜਪਣਾ ਚਾਹੀਦਾ ਹੈ । ਮਨਿ—ਮਨ ਵਿਚ । ਸਾਚਾ—ਸਦਾ-ਥਿਰ ਪ੍ਰਭੂ । ਰੰਗਿ—ਪ੍ਰੇਮ-ਰੰਗ ਵਿਚ । ਰਾਚਾ—ਰਚ-ਮਿਚ ਜਾਂਦਾ ਹੈ । ਤੂਟਹਿ—ਟੁੱਟ ਜਾਂਦੇ ਹਨ {ਬਹੁ-ਵਚਨ} । ਸਭਿ—ਸਾਰੇ । ਪਰਜਾਲਣਾ—ਚੰਗੀ ਤਰ੍ਹਾਂ ਸੜ ਜਾਂਦਾ ਹੈ ।੧੨।

ਅਰਥ :—ਹੇ ਪ੍ਰਭੂ! (ਜੀਵਾਂ ਦਾ) ਜੰਮਣਾ ਤੇ ਮਰਨਾ—ਇਹ ਸਾਰਾ ਤੇਰਾ (ਰਚਿਆ) ਖੇਲ ਹੈ । ਹੇ ਭਾਈ! ਬੇਅੰਤ ਪ੍ਰਭੂ ਇਹ ਖੇਲ ਕਰ ਕਰ ਕੇ ਵੇਖ ਰਿਹਾ ਹੈ । ਪੈਦਾ ਕਰਨ ਦੀ ਸਮਰਥਾ ਵਾਲਾ ਪ੍ਰਭੂ ਆਪ (ਜੀਵਾਂ ਨੂੰ) ਪੈਦਾ ਕਰਦਾ ਹੈ । ਆਪਣੇ ਪੈਦਾ ਕੀਤੇ (ਜੀਵਾਂ) ਨੂੰ (ਆਪ ਹੀ) ਪਾਲਦਾ ਹੈ ।੯।

ਹੇ ਪ੍ਰਭੂ! ਤੇਰੀ ਸੋਭਾ ਸੁਣ ਸੁਣ ਕੇ ਮੈਂ ਆਤਮਕ ਜੀਵਨ ਹਾਸਲ ਕਰਦਾ ਹਾਂ, ਮੈਂ ਤੈਥੋਂ ਸਦਾ ਹੀ ਸਦਕੇ ਜਾਂਦਾ ਹਾਂ । ਹੇ ਮੇਰੇ ਅਪਹੁੰਚ ਤੇ ਬੇਅੰਤ ਮਾਲਕ! (ਜਦੋਂ ਤੇਰੀ ਮਿਹਰ ਹੁੰਦੀ ਹੈ) ਮੈਂ ਦੋਵੇਂ ਹੱਥ ਜੋੜ ਕੇ ਦਿਨ ਰਾਤ ਤੈਨੂੰ ਸਿਮਰਦਾ ਹਾਂ ।੧੦।

ਹੇ ਪ੍ਰਭੂ! ਤੈਨੂੰ ਛੱਡ ਕੇ ਮੈਂ ਕਿਸੇ ਹੋਰ ਦੀ ਸਿਫ਼ਤਿ-ਸਾਲਾਹ ਨਹੀਂ ਕਰ ਸਕਦਾ । ਮੈਂ ਆਪਣੇ ਮਨ ਵਿਚ ਸਿਰਫ਼ ਇਕ ਤੈਨੂੰ ਹੀ ਜਪਦਾ ਹਾਂ । ਤੇਰੇ ਸੇਵਕ ਤੇਰੀ ਰਜ਼ਾ ਨੂੰ ਸਮਝ ਕੇ ਸਦਾ ਖਿੜੇ-ਮੱਥੇ ਰਹਿੰਦੇ ਹਨ—ਇਹ ਹੈ ਤੇਰਿਆਂ ਭਗਤਾਂ ਦੀ ਘਾਲ ਕਮਾਈ ।੧੧।

ਹੇ ਭਾਈ! ਗੁਰੂ ਦੇ ਉਪਦੇਸ਼ ਦੀ ਰਾਹੀਂ ਮਨ ਵਿਚ ਸਦਾ-ਥਿਰ ਪ੍ਰਭੂ ਦਾ ਨਾਮ ਜਪਣਾ ਚਾਹੀਦਾ ਹੈ । ਗੁਰੂ ਦੇ ਉਪਦੇਸ਼ ਉਤੇ ਤੁਰ ਕੇ ਮਨ ਪ੍ਰਭੂ ਦੇ ਪ੍ਰੇਮ-ਰੰਗ ਵਿਚ ਮਿਚਿਆ ਰਹਿੰਦਾ ਹੈ । ਹੇ ਭਾਈ! ਗੁਰੂ ਦੇ ਉਪਦੇਸ਼ ਦੀ ਬਰਕਤਿ ਨਾਲ (ਮਨੁੱਖ ਦੇ ਅੰਦਰੋਂ ਮਾਇਆ ਦੇ ਮੋਹ ਦੇ) ਸਾਰੇ ਬੰਧਨ ਟੁੱਟ ਜਾਂਦੇ ਹਨ । ਮਨੁੱਖ ਦੀ ਇਹ ਭਟਕਣਾ, ਮਨੁੱਖ ਦਾ ਇਹ ਮੋਹ ਚੰਗੀ ਤਰ੍ਹਾਂ ਸੜ ਜਾਂਦਾ ਹੈ ।੧੨।

ਜਹ ਰਾਖੈ ਸੋਈ ਸੁਖ ਥਾਨਾ ॥ ਸਹਜੇ ਹੋਇ ਸੋਈ ਭਲ ਮਾਨਾ ॥ ਬਿਨਸੇ ਬੈਰ ਨਾਹੀ ਕੋ ਬੈਰੀ ਸਭੁ ਏਕੋ ਹੈ ਭਾਲਣਾ ॥੧੩॥ ਡਰ ਚੂਕੇ ਬਿਨਸੇ ਅੰਧਿਆਰੇ ॥ ਪ੍ਰਗਟ ਭਏ ਪ੍ਰਭ ਪੁਰਖ ਨਿਰਾਰੇ ॥ ਆਪੁ ਛੋਡਿ ਪਏ ਸਰਣਾਈ ਜਿਸ ਕਾ ਸਾ ਤਿਸੁ ਘਾਲਣਾ ॥੧੪॥ ਐਸਾ ਕੋ ਵਡਭਾਗੀ ਆਇਆ ॥ ਆਠ ਪਹਰ ਜਿਨਿ ਖਸਮੁ ਧਿਆਇਆ ॥ ਤਿਸੁ ਜਨ ਕੈ ਸੰਗਿ ਤਰੈ ਸਭੁ ਕੋਈ ਸੋ ਪਰਵਾਰ ਸਧਾਰਣਾ ॥੧੫॥ ਇਹ ਬਖਸੀਸ ਖਸਮ ਤੇ ਪਾਵਾ ॥ ਆਠ ਪਹਰ ਕਰ ਜੋੜਿ ਧਿਆਵਾ ॥ ਨਾਮੁ ਜਪੀ ਨਾਮਿ ਸਹਜਿ ਸਮਾਵਾ ਨਾਮੁ ਨਾਨਕ ਮਿਲੈ ਉਚਾਰਣਾ ॥੧੬॥੧॥੬॥ {ਪੰਨਾ ੧੦੭੭}

ਪਦ ਅਰਥ :—ਜਹ—ਜਿੱਥੇ । ਰਾਖੈ—(ਪਰਮਾਤਮਾ ਸਾਨੂੰ) ਰੱਖਦਾ ਹੈ । ਸੁਖ ਥਾਨਾ—ਸੁਖ ਦੇਣ ਵਾਲਾ ਥਾਂ । ਸਹਜ—ਪ੍ਰਭੂ ਦੀ ਰਜ਼ਾ ਵਿਚ ਹੀ । ਭਲ—ਭਲਾ । ਮਾਨਾ—ਮੰਨਦਾ ਹੈ । ਬੈਰ—(ਸਾਰੇ) ਵੈਰ । ਸਭੁ—ਹਰ ਥਾਂ । ਏਕੋ—ਇਕ ਪਰਮਾਤਮਾ ਨੂੰ ਹੀ ।੧੩।

ਚੂਕੇ—ਮੁੱਕ ਗਏ । ਅੰਧਿਆਰੇ—(ਆਤਮਕ ਜੀਵਨ ਦੇ ਰਾਹ ਦੇ) ਹਨੇਰੇ । ਨਿਰਾਰੇ—ਨਿਰਾਲਾ, ਨਿਰਲੇਪ । ਆਪੁ—ਆਪਾ-ਭਾਵ । ਛੋਡਿ—ਤਿਆਗ ਕੇ । ਜਿਸ ਕਾ—{ਸੰਬੰਧਕ 'ਕਾ' ਦੇ ਕਾਰਨ ਲਫ਼ਜ਼ 'ਜਿਸੁ' ਦਾ _ ਉੱਡ ਗਿਆ ਹੈ} ਜਿਸ (ਪ੍ਰਭੂ) ਦਾ । ਸਾ—ਸੀ, ਹੈ । ਤਿਸੁ ਘਾਲਣਾ—ਉਸ (ਪ੍ਰਭੂ ਦੇ ਨਾਮ) ਦੀ ਘਾਲ-ਕਮਾਈ ।੧੪।

ਕੋ—ਕੋਈ (ਵਿਰਲਾ) ਮਨੁੱਖ । ਜਿਨਿ—ਜਿਸ (ਮਨੁੱਖ) ਨੇ । ਕੈ ਸੰਗਿ—ਦੇ ਨਾਲ, ਦੀ ਸੰਗਤਿ ਵਿਚ । ਸਭੁ ਕੋਈ—ਹਰੇਕ ਜੀਵ । ਸਧਾਰਣਾ—ਆਸਰਾ ਦੇਣ ਵਾਲਾ ।੧੫।

ਬਖਸੀਸ—ਬਖ਼ਸ਼ਸ਼, ਦਾਤਿ । ਤੇ—ਤੋਂ । ਪਾਵਾ—ਪਾਵਾਂ, ਮੈਂ ਹਾਸਲ ਕਰਾਂ । ਕਰ ਜੋੜਿ—(ਦੋਵੇਂ) ਹੱਥ ਜੋੜ ਕੇ । ਧਿਆਵਾ—ਧਿਆਵਾਂ, ਮੈਂ ਸਿਮਰਦਾ ਰਹਾਂ । ਜਪੀ—ਜਪੀਂ, ਮੈਂ ਜਪਾਂ । ਨਾਮਿ—ਨਾਮ ਵਿਚ । ਸਹਜਿ—ਆਤਮਕ ਅਡੋਲਤਾ ਵਿਚ । ਸਮਾਵਾ—ਸਮਾਵਾਂ, ਸਮਾਇਆ ਰਹਾਂ ।੧੬।

ਅਰਥ :—ਹੇ ਭਾਈ! ('ਐਸਾ ਕੋ ਵਡਭਾਗੀ ਆਇਆ' ਜਿਹੜਾ ਇਹ ਨਿਸ਼ਚਾ ਰੱਖਦਾ ਹੈ ਕਿ) ਜਿੱਥੇ (ਪਰਮਾਤਮਾ ਸਾਨੂੰ) (ਸਾਡੇ ਵਾਸਤੇ) ਸੁਖ ਦੇਣ ਵਾਲਾ ਥਾਂ ਹੈ, (ਜਿਹੜਾ ਮਨੁੱਖ) ਜੋ ਕੁਝ ਰਜ਼ਾ ਵਿਚ ਹੋ ਰਿਹਾ ਹੈ ਉਸ ਨੂੰ ਭਲਾਈ ਵਾਸਤੇ ਹੋ ਰਿਹਾ ਮੰਨਦਾ ਹੈ, (ਜਿਸ ਮਨੁੱਖ ਦੇ ਅੰਦਰੋਂ) ਸਾਰੇ ਵੈਰ-ਵਿਰੋਧ ਮਿਟ ਜਾਂਦੇ ਹਨ, (ਜਿਸ ਨੂੰ ਜਗਤ ਵਿਚ) ਕੋਈ ਵੈਰੀ ਨਹੀਂ ਦਿੱਸਦਾ, (ਜਿਹੜਾ) ਹਰ ਥਾਂ ਸਿਰਫ਼ ਪਰਮਾਤਮਾ ਨੂੰ ਹੀ ਵੇਖਦਾ ਹੈ ।੧੩।

ਹੇ ਭਾਈ! ('ਐਸਾ ਕੋ ਵਡਭਾਗੀ ਆਇਆ', ਜਿਸ ਦੇ ਅੰਦਰੋਂ) ਸਾਰੇ ਡਰ ਮੁੱਕ ਜਾਂਦੇ ਹਨ, ਆਤਮਕ ਜੀਵਨ ਦੇ ਰਸਤੇ ਦੇ ਸਾਰੇ ਹਨੇਰੇ ਦੂਰ ਹੋ ਜਾਂਦੇ ਹਨ, (ਜਿਸ ਦੇ ਅੰਦਰ) ਨਿਰਲੇਪ ਪ੍ਰਭੂ ਪਰਗਟ ਹੋ ਜਾਂਦਾ ਹੈ, (ਜਿਹੜਾ ਮਨੁੱਖ) ਆਪਾ-ਭਾਵ ਦੂਰ ਕਰ ਕੇ ਪਰਮਾਤਮਾ ਦੀ ਸਰਨੀਂ ਪੈਂਦਾ ਹੈ, ਜਿਸ ਪ੍ਰਭੂ ਦਾ ਪੈਦਾ ਕੀਤਾ ਹੋਇਆ ਹੈ ਉਸੇ (ਦੇ ਸਿਮਰਨ) ਦੀ ਘਾਲ-ਕਮਾਈ ਕਰਦਾ ਹੈ ।੧੪।

ਹੇ ਭਾਈ! ਕੋਈ ਵਿਰਲਾ ਹੀ ਅਜਿਹਾ ਭਾਗਾਂ ਵਾਲਾ ਮਨੁੱਖ ਜੰਮਦਾ ਹੈ, ਜਿਹੜਾ ਅੱਠੇ ਪਹਰ ਮਾਲਕ-ਪ੍ਰਭੂ ਦਾ ਨਾਮ ਯਾਦ ਕਰਦਾ ਹੈ । ਉਸ ਮਨੁੱਖ ਦੀ ਸੰਗਤਿ ਵਿਚ (ਰਹਿ ਕੇ) ਹਰੇਕ ਮਨੁੱਖ ਸੰਸਾਰ-ਸਮੁੰਦਰ ਤੋਂ ਪਾਰ ਲੰਘ ਜਾਂਦਾ ਹੈ, ਉਹ ਮਨੁੱਖ ਆਪਣੇ ਪਰਵਾਰ ਵਾਸਤੇ ਸਹਾਰਾ ਬਣ ਜਾਂਦਾ ਹੈ ।੧੫।

ਹੇ ਨਾਨਕ! (ਆਖ—ਹੇ ਭਾਈ! ਜੇ ਮੇਰੇ ਮਾਲਕ ਦੀ ਮੇਰੇ ਉਤੇ ਮਿਹਰ ਹੋਵੇ ਤਾਂ) ਮੈਂ ਉਸ ਮਾਲਕ ਪਾਸੋਂ ਇਹ ਦਾਤਿ ਹਾਸਿਲ ਕਰਾਂ ਕਿ ਅੱਠੇ ਪਹਰ ਦੋਵੇਂ ਹੱਥ ਜੋੜ ਕੇ ਉਸ ਦਾ ਨਾਮ ਸਿਮਰਦਾ ਰਹਾਂ, ਉਸ ਦਾ ਨਾਮ ਜਪਦਾ ਰਹਾਂ, ਉਸ ਦੇ ਨਾਮ ਵਿਚ ਆਤਮਕ ਅਡੋਲਤਾ ਵਿਚ ਲੀਨ ਰਹਾਂ, ਮੈਨੂੰ ਉਸ ਦਾ ਨਾਮ ਜਪਣ ਦੀ ਦਾਤਿ ਮਿਲੀ ਰਹੇ ।੧੬।੧।੬।

ਮਾਰੂ ਮਹਲਾ ੫ ॥ ਸੂਰਤਿ ਦੇਖਿ ਨ ਭੂਲੁ ਗਵਾਰਾ ॥ ਮਿਥਨ ਮੋਹਾਰਾ ਝੂਠੁ ਪਸਾਰਾ ॥ ਜਗ ਮਹਿ ਕੋਈ ਰਹਣੁ ਨ ਪਾਏ ਨਿਹਚਲੁ ਏਕੁ ਨਾਰਾਇਣਾ ॥੧॥ ਗੁਰ ਪੂਰੇ ਕੀ ਪਉ ਸਰਣਾਈ ॥ ਮੋਹੁ ਸੋਗੁ ਸਭੁ ਭਰਮੁ ਮਿਟਾਈ ॥ ਏਕੋ ਮੰਤ੍ਰੁ ਦ੍ਰਿੜਾਏ ਅਉਖਧੁ ਸਚੁ ਨਾਮੁ ਰਿਦ ਗਾਇਣਾ ॥੨॥ ਜਿਸੁ ਨਾਮੈ ਕਉ ਤਰਸਹਿ ਬਹੁ ਦੇਵਾ ॥ ਸਗਲ ਭਗਤ ਜਾ ਕੀ ਕਰਦੇ ਸੇਵਾ ॥ ਅਨਾਥਾ ਨਾਥੁ ਦੀਨ ਦੁਖ ਭੰਜਨੁ ਸੋ ਗੁਰ ਪੂਰੇ ਤੇ ਪਾਇਣਾ ॥੩॥ ਹੋਰੁ ਦੁਆਰਾ ਕੋਇ ਨ ਸੂਝੈ ॥ ਤ੍ਰਿਭਵਣ ਧਾਵੈ ਤਾ ਕਿਛੂ ਨ ਬੂਝੈ ॥ ਸਤਿਗੁਰੁ ਸਾਹੁ ਭੰਡਾਰੁ ਨਾਮੁ ਜਿਸੁ ਇਹੁ ਰਤਨੁ ਤਿਸੈ ਤੇ ਪਾਇਣਾ ॥੪॥ ਜਾ ਕੀ ਧੂਰਿ ਕਰੇ ਪੁਨੀਤਾ ॥ ਸੁਰਿ ਨਰ ਦੇਵ ਨ ਪਾਵਹਿ ਮੀਤਾ ॥ ਸਤਿ ਪੁਰਖੁ ਸਤਿਗੁਰੁ ਪਰਮੇਸਰੁ ਜਿਸੁ ਭੇਟਤ ਪਾਰਿ ਪਰਾਇਣਾ ॥੫॥ {ਪੰਨਾ ੧੦੭੭-੧੦੭੮}

ਪਦ ਅਰਥ :—ਸੂਰਤਿ—ਸ਼ਕਲ । ਦੇਖਿ—ਵੇਖ ਕੇ । ਗਵਾਰਾ—ਹੇ ਮੂਰਖ! ਮਿਥਨ—ਝੂਠਾ । ਮੋਹਾਰਾ—ਮੋਹ ਦਾ । ਪਸਾਰਾ—ਖਿਲਾਰਾ । ਨਿਹਚਲੁ—ਸਦਾ ਕਾਇਮ ਰਹਿਣ ਵਾਲਾ ।੧।

ਸਭੁ ਭਰਮੁ—ਹਰੇਕ ਕਿਸਮ ਦਾ ਭਰਮ । ਮਿਟਾਈ—(ਗੁਰੂ) ਮਿਟਾਂਦਾ ਹੈ । ਮੰਤ੍ਰੁ—ਉਪਦੇਸ਼ । ਦ੍ਰਿੜਾਏ—ਹਿਰਦੇ ਵਿਚ ਪੱਕਾ ਕਰਦਾ ਹੈ । ਅਉਖਧੁ—ਦਵਾਈ, ਦਾਰੂ । ਸਚੁ—ਸਦਾ-ਥਿਰ । ਰਿਦ—ਹਿਰਦੇ ਵਿਚ ।੨।

ਜਿਸੁ ਨਾਮੈ ਕਉ—ਜਿਸ ਦੇ ਨਾਮ ਨੂੰ । ਜਾ ਕੀ—ਜਿਸ (ਪ੍ਰਭੂ) ਦੀ । ਦੀਨ ਦੁਖ ਭੰਜਨੁ—ਗ਼ਰੀਬਾਂ ਦੇ ਦੁੱਖ ਨਾਸ ਕਰਨ ਵਾਲਾ ।੩।

ਦੁਆਰਾ—ਦਰਵਾਜ਼ਾ, ਦਰ । ਤ੍ਰਿਭਵਣ—ਤਿੰਨਾਂ ਭਵਨਾਂ ਵਿਚ । ਧਾਵੈ—(ਜੇ) ਦੌੜਦਾ ਫਿਰੇ । ਭੰਡਾਰੁ—ਖ਼ਜ਼ਾਨਾ । ਤਿਸੈ ਤੇ—ਉਸ (ਗੁਰੂ) ਪਾਸੋਂ ਹੀ ।੪।

ਪੁਨੀਤਾ—ਪਵਿੱਤਰ । ਸੁਰ—ਸੁਰਗ ਦੇ ਰਹਿਣ ਵਾਲੇ । ਨਰ—ਮਨੁੱਖ । ਮੀਤਾ—ਹੇ ਮਿੱਤਰ ।੫।

ਅਰਥ :—ਹੇ ਮੂਰਖ! (ਜਗਤ ਦੇ ਪਦਾਰਥਾਂ ਦੀ) ਸ਼ਕਲ ਵੇਖ ਕੇ ਗ਼ਲਤੀ ਨਾਹ ਖਾਹ । ਇਹ ਸਾਰਾ ਝੂਠੇ ਮੋਹ ਦਾ ਝੂਠਾ ਖਿਲਾਰਾ ਹੈ । ਜਗਤ ਵਿਚ ਕੋਈ ਭੀ ਸਦਾ ਲਈ ਟਿਕਿਆ ਨਹੀਂ ਰਹਿ ਸਕਦਾ, ਸਿਰਫ਼ ਇਕ ਪਰਮਾਤਮਾ ਸਦਾ ਕਾਇਮ ਰਹਿਣ ਵਾਲਾ ਹੈ ।੧।

ਹੇ ਭਾਈ! ਪੂਰੇ ਗੁਰੂ ਦੀ ਸਰਨ ਪਿਆ ਰਹੁ । ਗੁਰੂ (ਸਰਨ ਪਏ ਮਨੁੱਖ ਦਾ) ਮੋਹ ਸੋਗ ਤੇ ਸਾਰਾ ਭਰਮ ਮਿਟਾ ਦੇਂਦਾ ਹੈ । ਗੁਰੂ ਇਕੋ ਉਪਦੇਸ਼ ਹਿਰਦੇ ਵਿਚ ਕਰਦਾ ਹੈ ਇਕੋ ਦਵਾਈ ਦੇਂਦਾ ਹੈ ਕਿ ਹਿਰਦੇ ਵਿਚ ਸਦਾ ਕਾਇਮ ਰਹਿਣ ਵਾਲਾ ਹਰਿ-ਨਾਮ ਸਿਮਰਨਾ ਚਾਹੀਦਾ ਹੈ ।੨।

ਹੇ ਭਾਈ! ਜਿਸ ਪਰਮਾਤਮਾ ਦੇ ਨਾਮ ਨੂੰ ਅਨੇਕਾਂ ਦੇਵਤੇ ਤਰਸਦੇ ਹਨ, ਸਾਰੇ ਹੀ ਭਗਤ ਜਿਸ ਪ੍ਰਭੂ ਦੀ ਸੇਵਾ-ਭਗਤੀ ਕਰਦੇ ਹਨ, ਜਿਹੜਾ ਪਰਮਾਤਮਾ ਨਿਖਸਮਿਆਂ ਦਾ ਖਸਮ ਹੈ, ਜਿਹੜਾ ਪਰਮਾਤਮਾ ਗ਼ਰੀਬਾਂ ਦੇ ਦੁੱਖ ਨਾਸ ਕਰਨ ਵਾਲਾ ਹੈ, ਉਹ ਪਰਮਾਤਮਾ ਪੂਰੇ ਗੁਰੂ ਪਾਸੋਂ ਮਿਲਦਾ ਹੈ ।੩।

ਹੇ ਭਾਈ! ਹੋਰ ਕੋਈ ਦਰ (ਐਸਾ) ਨਹੀਂ ਸੁੱਝਦਾ (ਜਿਥੋਂ ਨਾਮ-ਰਤਨ ਮਿਲ ਸਕੇ) । ਜੇ ਮਨੁੱਖ ਤਿੰਨਾਂ ਭਵਨਾਂ ਵਿਚ ਦੌੜ-ਭੱਜ ਕਰਦਾ ਫਿਰੇ ਤਾਂ ਭੀ ਉਸ ਨੂੰ ਨਾਮ-ਰਤਨ ਦੀ ਕੋਈ ਸਮਝ ਨਹੀਂ ਪੈ ਸਕਦੀ । ਇਕ ਗੁਰੂ ਹੀ ਐਸਾ ਸ਼ਾਹ ਹੈ ਜਿਸ ਦੇ ਪਾਸ ਨਾਮ ਦਾ ਖ਼ਜ਼ਾਨਾ ਹੈ । ਉਸ ਗੁਰੂ ਪਾਸੋਂ ਨਾਮ-ਰਤਨ ਮਿਲ ਸਕਦਾ ਹੈ ।੪।

ਹੇ ਭਾਈ! ਜਿਸ (ਪ੍ਰਭੂ) ਦੀ ਚਰਨ-ਧੂੜ ਪਵਿੱਤਰ ਕਰ ਦੇਂਦੀ ਹੈ, ਹੇ ਮਿੱਤਰ! ਉਸ ਨੂੰ ਦੇਵਤੇ ਮਨੁੱਖ ਪ੍ਰਾਪਤ ਨਹੀਂ ਕਰ ਸਕਦੇ । ਸਿਰਫ਼ ਹਰੀ-ਰੂਪ ਗੁਰੂ ਪੁਰਖ ਹੀ ਹੈ ਜਿਸ ਨੂੰ ਮਿਲਿਆਂ (ਸੰਸਾਰ-ਸਮੁੰਦਰ ਤੋਂ) ਪਾਰ ਲੰਘ ਸਕੀਦਾ ਹੈ ।੫।

ਪਾਰਜਾਤੁ ਲੋੜਹਿ ਮਨ ਪਿਆਰੇ ॥ ਕਾਮਧੇਨੁ ਸੋਹੀ ਦਰਬਾਰੇ ॥ ਤ੍ਰਿਪਤਿ ਸੰਤੋਖੁ ਸੇਵਾ ਗੁਰ ਪੂਰੇ ਨਾਮੁ ਕਮਾਇ ਰਸਾਇਣਾ ॥੬॥ ਗੁਰ ਕੈ ਸਬਦਿ ਮਰਹਿ ਪੰਚ ਧਾਤੂ ॥ ਭੈ ਪਾਰਬ੍ਰਹਮ ਹੋਵਹਿ ਨਿਰਮਲਾ ਤੂ ॥ ਪਾਰਸੁ ਜਬ ਭੇਟੈ ਗੁਰੁ ਪੂਰਾ ਤਾ ਪਾਰਸੁ ਪਰਸਿ ਦਿਖਾਇਣਾ ॥੭॥ ਕਈ ਬੈਕੁੰਠ ਨਾਹੀ ਲਵੈ ਲਾਗੇ ॥ ਮੁਕਤਿ ਬਪੁੜੀ ਭੀ ਗਿਆਨੀ ਤਿਆਗੇ ॥ ਏਕੰਕਾਰੁ ਸਤਿਗੁਰ ਤੇ ਪਾਈਐ ਹਉ ਬਲਿ ਬਲਿ ਗੁਰ ਦਰਸਾਇਣਾ ॥੮॥ ਗੁਰ ਕੀ ਸੇਵ ਨ ਜਾਣੈ ਕੋਈ ॥ ਗੁਰੁ ਪਾਰਬ੍ਰਹਮੁ ਅਗੋਚਰੁ ਸੋਈ ॥ ਜਿਸ ਨੋ ਲਾਇ ਲਏ ਸੋ ਸੇਵਕੁ ਜਿਸੁ ਵਡਭਾਗ ਮਥਾਇਣਾ ॥੯॥ ਗੁਰ ਕੀ ਮਹਿਮਾ ਬੇਦ ਨ ਜਾਣਹਿ ॥ ਤੁਛ ਮਾਤ ਸੁਣਿ ਸੁਣਿ ਵਖਾਣਹਿ ॥ ਪਾਰਬ੍ਰਹਮ ਅਪਰੰਪਰ ਸਤਿਗੁਰ ਜਿਸੁ ਸਿਮਰਤ ਮਨੁ ਸੀਤਲਾਇਣਾ ॥੧੦॥ {ਪੰਨਾ ੧੦੭੮}

ਪਦ ਅਰਥ :—ਪਾਰਜਾਤੁ—ਮਨੋਕਾਮਨਾ ਪੂਰੀ ਕਰਨ ਵਾਲਾ ਰੁੱਖ {ਹਿੰਦੂ ਧਰਮ-ਪੁਸਤਕਾਂ ਅਨੁਸਾਰ ਸੁਰਗ ਵਿਚ ਪੰਜ ਅਜਿਹੇ ਰੁੱਖ ਮੰਨੇ ਗਏ ਹਨ} । ਮਨ—ਹੇ ਮਨ! ਲੋੜਹਿ—(ਜੇ ਤੂੰ ਹਾਸਲ ਕਰਨਾ) ਚਾਹੁੰਦਾ ਹੈਂ । ਕਾਮਧੇਨੁ—{ਧੇਨੁ—ਗਾਂ} ਮਨ ਦੀ ਕਾਮਨਾ ਪੂਰੀ ਕਰਨ ਵਾਲੀ ਗਾਂ {ਇਹ ਭੀ ਸੁਰਗ ਵਿਚ ਹੀ ਰਹਿੰਦੀ ਮੰਨੀ ਗਈ ਹੈ} । ਸੋਹੀ—ਸੋਭਾ ਦੇਵੇ । ਦਰਬਾਰੇ—(ਤੇਰੇ) ਦਰ ਤੇ । ਤ੍ਰਿਪਤਿ—ਰਜੇਵਾਂ । ਰਸਾਇਣਾ—{ਰਸ-ਅਯਨ—ਰਸਾਂ ਦਾ ਘਰ} ਸਭ ਰਸਾਂ ਦਾ ਸੋਮਾ ।੬।

ਕੈ ਸਬਦਿ—ਦੇ ਸ਼ਬਦ ਦੀ ਰਾਹੀਂ । ਮਰਹਿ—ਮਰ ਜਾਂਦੇ ਹਨ । ਪੰਚ ਧਾਤੂ—(ਕਾਮਾਦਿਕ) ਪੰਜ ਵਿਸ਼ੇ । ਭੈ ਪਾਰਬ੍ਰਹਮ—ਪਰਮਾਤਮਾ ਦੇ ਡਰ-ਅਦਬ ਵਿਚ (ਰਹਿ ਕੇ) । ਹੋਵਹਿ ਤੂ—ਤੂੰ ਹੋ ਜਾਇˆਗਾ । ਨਿਰਮਲ—ਪਵਿੱਤਰ ਜੀਵਨ ਵਾਲਾ । ਪਾਰਸੁ—ਹੋਰ ਧਾਤਾਂ ਨੂੰ ਸੋਨਾ ਬਣਾ ਦੇਣ ਵਾਲੀ ਪੱਥਰੀ । ਭੇਟੈ—ਮਿਲਦਾ ਹੈ । ਪਰਸਿ—ਛੂਹ ਕੇ । ਦਿਖਾਇਣਾ—(ਪਰਮਾਤਮਾ) ਦਿੱਸ ਪੈਂਦਾ ਹੈ ।੭।

ਲਵੈ ਲਾਗੇ—ਬਰਾਬਰੀ ਕਰ ਸਕਦੇ । ਬਪੁੜੀ—ਨਿਮਾਣੀ, ਵਿਚਾਰੀ । ਗਿਆਨੀ—ਪਰਮਾਤਮਾ ਨਾਲ ਡੂੰਘੀ ਸਾਂਝ ਰੱਖਣ ਵਾਲਾ । ਤੇ—ਤੋਂ, ਦੀ ਰਾਹੀਂ । ਹਉ—ਮੈਂ । ਬਲਿ ਬਲਿ—ਸਦਾ ਸਦਕੇ ।੮।

ਅਗੋਚਰੁ—{ਅ-ਗੋ-ਚਰੁ} ਜਿਸ ਤਕ ਗਿਆਨ-ਇੰਦ੍ਰਿਆਂ ਦੀ ਪਹੁੰਚ ਨਹੀਂ ਹੋ ਸਕਦੀ । ਜਿਸ ਨੋ—{ਸੰਬੰਧਕ 'ਨੋ' ਦੇ ਕਾਰਨ ਲਫ਼ਜ਼ 'ਜਿਸੁ' ਦਾ ੁ ਉੱਡ ਗਿਆ ਹੈ} । ਮਥਾਇਣਾ—ਮੱਥੇ ਉੱਤੇ ।੯।

ਮਹਿਮਾ—ਵਡਿਆਈ, ਉੱਚ-ਆਤਮਕਤਾ । ਨ ਜਾਣਹਿ—ਨਹੀਂ ਜਾਣਦੇ {ਬਹੁ-ਵਚਨ} । ਤੁਛ ਮਾਤ—ਤੁੱਛ ਮਾਤ੍ਰ, ਬਹੁਤ ਹੀ ਥੋੜਾ । ਸੁਣਿ—ਸੁਣ ਕੇ । ਅਪਰੰਪਰ—ਪਰੇ ਤੋਂ ਪਰੇ ।੧੦।

ਅਰਥ :—ਹੇ ਪਿਆਰੇ ਮਨ! ਜੇ ਤੂੰ (ਸੁਰਗ ਦਾ) ਪਾਰਜਾਤ (ਰੁੱਖ) ਹਾਸਲ ਕਰਨਾ ਚਾਹੁੰਦਾ ਹੈਂ, ਜੇ ਤੂੰ ਚਾਹੁੰਦਾ ਹੈਂ ਕਿ ਕਾਮਧੇਨ ਤੇਰੇ ਬੂਹੇ ਉਤੇ ਸੋਭ ਰਹੀ ਹੋਵੇ, ਤਾਂ ਪੂਰੇ ਗੁਰੂ ਦੀ ਸਰਨ ਪਿਆ ਰਹੁ, ਗੁਰੂ ਪਾਸੋਂ ਪੂਰਨ ਸੰਤੋਖ ਪ੍ਰਾਪਤ ਕਰ, (ਗੁਰੂ ਦੇ ਰਾਹੇ ਤੁਰ ਕੇ) ਨਾਮ-ਸਿਮਰਨ ਦੀ ਕਮਾਈ ਕਰ, ਹਰਿ-ਨਾਮ ਹੀ ਸਾਰੇ ਰਸਾਂ ਦਾ ਸੋਮਾ ਹੈ ।੬।

ਹੇ ਪਿਆਰੇ ਮਨ! ਗੁਰੂ ਦੇ ਸ਼ਬਦ ਦੀ ਬਰਕਤਿ ਨਾਲ ਕਾਮਾਦਿਕ ਪੰਜੇ ਵਿਸ਼ੇ ਮਰ ਜਾਂਦੇ ਹਨ, (ਗੁਰੂ ਦੇ ਸ਼ਬਦ ਦੀ ਰਾਹੀਂ) ਪਰਮਾਤਮਾ ਦੇ ਡਰ-ਅਦਬ ਵਿਚ ਰਹਿ ਕੇ ਤੂੰ ਪਵਿੱਤਰ ਹੋ ਜਾਇ^ਗਾ । (ਹੇ ਮਨ! ਗੁਰੂ ਹੀ) ਪਾਰਸ ਹੈ । ਜਦੋਂ ਪੂਰਾ ਗੁਰੂ-ਪਾਰਸ ਮਿਲ ਪੈਂਦਾ ਹੈ, ਤਾਂ ਉਸ ਪਾਰਸ ਨੂੰ ਛੁਹਿਆਂ (ਪਰਮਾਤਮਾ ਹਰ ਥਾਂ) ਦਿੱਸ ਪੈਂਦਾ ਹੈ ।੭।

ਹੇ ਭਾਈ! ਅਨੇਕਾਂ ਬੈਕੁੰਠ (ਗੁਰੂ ਦੇ ਦਰਸਨ ਦੀ) ਬਰਾਬਰੀ ਨਹੀਂ ਕਰ ਸਕਦੇ । ਜਿਹੜਾ ਮਨੁੱਖ (ਗੁਰੂ ਦੀ ਰਾਹੀਂ) ਪਰਮਾਤਮਾ ਨਾਲ ਸਾਂਝ ਪਾਂਦਾ ਹੈ, ਉਹ ਮੁਕਤੀ ਨੂੰ ਭੀ ਇਕ ਨਿਮਾਣੀ ਜਿਹੀ ਚੀਜ਼ ਸਮਝ ਕੇ (ਇਸ ਦੀ ਲਾਲਸਾ) ਛਡ ਦੇਂਦਾ ਹੈ । ਹੇ ਭਾਈ! ਗੁਰੂ ਦੀ ਰਾਹੀਂ ਹੀ ਪਰਮਾਤਮਾ ਨਾਲ ਮਿਲਾਪ ਹੁੰਦਾ ਹੈ । ਮੈਂ ਤਾਂ ਗੁਰੂ ਦੇ ਦਰਸਨ ਤੋਂ ਸਦਾ ਸਦਕੇ ਹਾਂ ਸਦਾ ਸਦਕੇ ਹਾਂ ।੮।

ਹੇ ਭਾਈ! ਗੁਰੂ ਦੀ ਸਰਨ (ਪੈਣ ਦਾ ਕੀਹ ਮਹਾਤਮ ਹੈ?—ਇਹ ਭੇਤ ਨਿਰੇ ਦਿਮਾਗ਼ੀ ਤੌਰ ਤੇ) ਕੋਈ ਮਨੁੱਖ ਸਮਝ ਨਹੀਂ ਸਕਦਾ (ਸਰਨ ਪਿਆਂ ਹੀ ਸਮਝ ਪੈਂਦੀ ਹੈ) । ਗੁਰੂ (ਆਤਮਕ ਜੀਵਨ ਵਿਚ) ਉਹੀ ਪਰਮਾਤਮਾ ਹੈ ਜੋ ਗਿਆਨ-ਇੰਦ੍ਰਿਆਂ ਦੀ ਪਹੁੰਚ ਤੋਂ ਪਰੇ ਹੈ । ਜਿਸ ਮਨੁੱਖ ਦੇ ਮੱਥੇ ਦੇ ਭਾਗ ਜਾਗ ਪੈਣ, ਜਿਸ ਨੂੰ (ਪਰਮਾਤਮਾ ਆਪ ਗੁਰੂ ਦੀ ਚਰਨੀਂ) ਲਾਂਦਾ ਹੈ ਉਹ ਗੁਰੂ ਦਾ ਸੇਵਕ ਬਣਦਾ ਹੈ ।੯।

ਹੇ ਭਾਈ! ਗੁਰੂ ਦੀ ਉੱਚ-ਆਤਮਕਤਾ ਵੇਦ (ਭੀ) ਨਹੀਂ ਜਾਣਦੇ, ਉਹ (ਹੋਰਨਾਂ ਪਾਸੋਂ) ਸੁਣ ਸੁਣ ਕੇ ਰਤਾ-ਮਾਤ੍ਰ ਹੀ ਬਿਆਨ ਕਰ ਸਕੇ ਹਨ । ਹੇ ਭਾਈ! ਗੁਰੂ (ਉੱਚ-ਆਤਮਕਤਾ ਵਿਚ) ਉਹ ਪਰਮਾਤਮਾ ਹੀ ਹੈ ਜੋ ਪਰੇ ਤੋਂ ਪਰੇ ਹੈ ਅਤੇ ਜਿਸ ਦਾ ਨਾਮ ਸਿਮਰਦਿਆਂ ਮਨ ਸੀਤਲ ਹੋ ਜਾਂਦਾ ਹੈ ।੧੦।

ਜਾ ਕੀ ਸੋਇ ਸੁਣੀ ਮਨੁ ਜੀਵੈ ॥ ਰਿਦੈ ਵਸੈ ਤਾ ਠੰਢਾ ਥੀਵੈ ॥ ਗੁਰਮੁਖਹੁ ਅਲਾਏ ਤਾ ਸੋਭਾ ਪਾਏ ਤਿਸੁ ਜਮ ਕੈ ਪੰਥਿ ਨ ਪਾਇਣਾ ॥੧੧॥ ਸੰਤਨ ਕੀ ਸਰਣਾਈ ਪੜਿਆ ॥ ਜੀਉ ਪ੍ਰਾਣ ਧਨੁ ਆਗੈ ਧਰਿਆ ॥ ਸੇਵਾ ਸੁਰਤਿ ਨ ਜਾਣਾ ਕਾਈ ਤੁਮ ਕਰਹੁ ਦਇਆ ਕਿਰਮਾਇਣਾ ॥੧੨॥ ਨਿਰਗੁਣ ਕਉ ਸੰਗਿ ਲੇਹੁ ਰਲਾਏ ॥ ਕਰਿ ਕਿਰਪਾ ਮੋਹਿ ਟਹਲੈ ਲਾਏ ॥ ਪਖਾ ਫੇਰਉ ਪੀਸਉ ਸੰਤ ਆਗੈ ਚਰਣ ਧੋਇ ਸੁਖੁ ਪਾਇਣਾ ॥੧੩॥ ਬਹੁਤੁ ਦੁਆਰੇ ਭ੍ਰਮਿ ਭ੍ਰਮਿ ਆਇਆ ॥ ਤੁਮਰੀ ਕ੍ਰਿਪਾ ਤੇ ਤੁਮ ਸਰਣਾਇਆ ॥ ਸਦਾ ਸਦਾ ਸੰਤਹ ਸੰਗਿ ਰਾਖਹੁ ਏਹੁ ਨਾਮ ਦਾਨੁ ਦੇਵਾਇਣਾ ॥੧੪॥ ਭਏ ਕ੍ਰਿਪਾਲ ਗੁਸਾਈ ਮੇਰੇ ॥ ਦਰਸਨੁ ਪਾਇਆ ਸਤਿਗੁਰ ਪੂਰੇ ॥ ਸੁਖ ਸਹਜ ਸਦਾ ਆਨੰਦਾ ਨਾਨਕ ਦਾਸ ਦਸਾਇਣਾ ॥੧੫॥੨॥੭॥ {ਪੰਨਾ ੧੦੭੮}

ਪਦ ਅਰਥ :—ਜਾ ਕੀ—ਜਿਸ (ਗੁਰੂ) ਦੀ । ਸੋਇ—ਸੋਭਾ । ਸੁਣੀ—ਸੁਣਿ, ਸੁਣ ਕੇ । ਜੀਵੈ—ਆਤਮਕ ਜੀਵਨ ਹਾਸਲ ਕਰ ਲੈਂਦਾ ਹੈ । ਰਿਦੈ—ਹਿਰਦੇ ਵਿਚ । ਥੀਵੈ—ਹੋ ਜਾਂਦਾ ਹੈ । ਗੁਰਮੁਖਹੁ—ਗੁਰੂ ਦੇ ਮੂੰਹੋਂ, ਗੁਰੂ ਦੇ ਰਾਹ ਤੇ ਤੁਰ ਕੇ । ਅਲਾਏ—(ਨਾਮ) ਉਚਾਰੇ । ਤਿਸੁ—ਉਸ (ਮਨੁੱਖ) ਨੂੰ । ਜਮ ਕੈ ਪੰਥਿ—ਜਮਰਾਜ ਦੇ ਰਾਹ ਉਤੇ । ਨ ਪਾਇਣਾ—ਨਹੀਂ ਪਾਂਦਾ ।੧੧।

ਪੜਿਆ—(ਮੈਂ ਭੀ) ਪਿਆ ਹਾਂ । ਜੀਉ—ਜਿੰਦ । ਆਗੈ—ਗੁਰੂ ਦੇ ਅੱਗੇ । ਸੁਰਤਿ—ਸੂਝ । ਜਾਣਾ—ਜਾਣਾਂ, ਮੈਂ ਜਾਣਦਾਂ । ਕਾਈ—{ਇਸਤ੍ਰੀ-ਲਿੰਗ ਹੈ । ਪੁਲਿੰਗ ਹੈ 'ਕੋਈ'} । ਕਿਰਮਾਇਣਾ—ਕਿਰਮ ਉੱਤੇ, ਕੀੜੇ ਉਤੇ ।੧੨।

ਨਿਰਗੁਣ—ਗੁਣ-ਹੀਨ । ਕਉ—ਨੂੰ । ਸੰਗਿ—ਗੁਰੂ ਦੀ ਸੰਗਤਿ ਵਿਚ । ਮੋਹਿ—ਮੈਨੂੰ । ਟਹਲੈ—ਗੁਰੂ ਦੀ ਟਹਲ ਵਿਚ । ਫੇਰਉ—ਫੇਰਉਂ, ਮੈਂ ਫੇਰਾਂ । ਪੀਸਉ—ਪੀਸਉਂ, ਮੈਂ ਪੀਹਾਂ । ਸੰਤ—ਗੁਰੂ । ਧੋਇ—ਧੋ ਕੇ ।੧੩।

ਭ੍ਰਮਿ—ਭਟਕ ਕੇ । ਤੇ—ਤੋਂ, ਨਾਲ । ਤੁਮ ਸਰਣਾਇਆ—ਤੇਰੀ ਸਰਨ । ਸੰਗਿ—ਨਾਲ ।੧੪।

ਗੁਸਾਈ—ਮਾਲਕ । ਸਹਜ—ਆਤਮਕ ਅਡੋਲਤਾ । ਨਾਨਕ—ਹੇ ਨਾਨਕ! ਦਾਸ ਦਸਾਇਣਾ—ਦਾਸਾਂ ਦਾ ਦਾਸ ।੧੫।

ਅਰਥ :—ਹੇ ਭਾਈ! ਜਿਸ (ਗੁਰੂ) ਦੀ ਸੋਭਾ ਸੁਣ ਕੇ ਮਨ ਆਤਮਕ ਜੀਵਨ ਪ੍ਰਾਪਤ ਕਰਦਾ ਹੈ, ਜੇ ਗੁਰੂ (ਮਨੁੱਖ ਦੇ) ਹਿਰਦੇ ਵਿਚ ਆ ਵੱਸੇ, ਤਾਂ ਹਿਰਦਾ ਸ਼ਾਂਤ ਹੋ ਜਾਂਦਾ ਹੈ । ਜੇ ਮਨੁੱਖ ਗੁਰੂ ਦੇ ਰਸਤੇ ਉੱਤੇ ਤੁਰ ਕੇ ਹਰਿ-ਨਾਮ ਸਿਮਰੇ, ਤਾਂ ਮਨੁੱਖ (ਲੋਕ ਪਰਲੋਕ ਵਿਚ) ਸੋਭਾ ਖੱਟਦਾ ਹੈ, ਗੁਰੂ ਉਸ ਮਨੁੱਖ ਨੂੰ ਜਮਰਾਜ ਦੇ ਰਸਤੇ ਨਹੀਂ ਪੈਣ ਦੇਂਦਾ ।੧੧।

ਹੇ ਪ੍ਰਭੂ! ਮੈਂ ਭੀ ਤੇਰੇ ਸੰਤ ਜਨਾਂ ਦੀ ਸਰਨ ਆ ਪਿਆ ਹਾਂ, ਮੈਂ ਆਪਣੀ ਜਿੰਦ ਆਪਣੇ ਪ੍ਰਾਣ ਆਪਣਾ ਧਨ ਸੰਤ ਜਨਾਂ ਦੇ ਅੱਗੇ ਲਿਆ ਰੱਖਿਆ ਹੈ । ਮੈਂ ਸੇਵਾ-ਭਗਤੀ ਕਰਨ ਦੀ ਕੋਈ ਸੂਝ ਨਹੀਂ ਜਾਣਦਾ । ਮੈਂ ਨਿਮਾਣੇ ਉੱਤੇ ਤੂੰ ਆਪ ਹੀ ਕਿਰਪਾ ਕਰ ।੧੨।

ਹੇ ਪ੍ਰਭੂ! ਮੈਨੂੰ ਗੁਣ-ਹੀਣ ਨੂੰ ਗੁਰੂ ਦੀ ਸੰਗਤਿ ਵਿਚ ਰਲਾਈ ਰੱਖ । ਮੈਨੂੰ ਗੁਰੂ ਦੀ ਸੇਵਾ-ਟਹਲ ਵਿਚ ਜੋੜੀ ਰੱਖ । ਮੈਂ ਗੁਰੂ ਦੇ ਦਰ ਤੇ ਪੱਖਾ ਝੱਲਦਾ ਰਹਾਂ, (ਚੱਕੀ) ਪੀਂਹਦਾ ਰਹਾਂ, ਤੇ ਗੁਰੂ ਦੇ ਚਰਨ ਧੋ ਕੇ ਆਨੰਦ ਮਾਣਦਾ ਰਹਾਂ ।੧੩।

ਹੇ ਪ੍ਰਭੂ! ਮੈਂ ਦਰਵਾਜ਼ਿਆਂ ਤੇ ਭਟਕ ਭਟਕ ਕੇ ਆਇਆ ਹਾਂ । ਤੇਰੀ ਹੀ ਕਿਰਪਾ ਨਾਲ (ਹੁਣ) ਤੇਰੀ ਸਰਨ ਆਇਆ ਹਾਂ । ਮੈਨੂੰ ਸਦਾ ਹੀ ਆਪਣੇ ਸੰਤ ਜਨਾਂ ਦੀ ਸੰਗਤਿ ਵਿਚ ਰੱਖ, ਅਤੇ ਉਹਨਾਂ ਪਾਸੋਂ ਆਪਣੇ ਨਾਮ ਦਾ ਖ਼ੈਰ ਪਵਾ ।੧੪।

ਹੇ ਨਾਨਕ! (ਆਖ—ਹੇ ਭਾਈ!) ਜਦੋਂ (ਹੁਣ) ਮੇਰਾ ਮਾਲਕ-ਪ੍ਰਭੂ ਦਇਆਵਾਨ ਹੋਇਆ, ਤਾਂ ਮੈਨੂੰ ਪੂਰੇ ਗੁਰੂ ਦਾ ਦਰਸਨ ਹੋਇਆ । ਹੁਣ ਮੇਰੇ ਅੰਦਰ ਸਦਾ

ਆਤਮਕ ਅਡੋਲਤਾ ਤੇ ਸੁਖ-ਆਨੰਦ ਬਣੇ ਰਹਿੰਦੇ ਹਨ । ਮੈਂ ਉਸ ਦੇ ਦਾਸਾਂ ਦਾ ਦਾਸ ਬਣਿਆ ਰਹਿੰਦਾ ਹਾਂ ।੧੫।੨।੭।

ਮਾਰੂ ਸੋਲਹੇ ਮਹਲਾ ੫

ੴ ਸਤਿਗੁਰ ਪ੍ਰਸਾਦਿ ॥ ਸਿਮਰੈ ਧਰਤੀ ਅਰੁ ਆਕਾਸਾ ॥ ਸਿਮਰਹਿ ਚੰਦ ਸੂਰਜ ਗੁਣਤਾਸਾ ॥ ਪਉਣ ਪਾਣੀ ਬੈਸੰਤਰ ਸਿਮਰਹਿ ਸਿਮਰੈ ਸਗਲ ਉਪਾਰਜਨਾ ॥੧॥ ਸਿਮਰਹਿ ਖੰਡ ਦੀਪ ਸਭਿ ਲੋਆ ॥ ਸਿਮਰਹਿ ਪਾਤਾਲ ਪੁਰੀਆ ਸਚੁ ਸੋਆ ॥ ਸਿਮਰਹਿ ਖਾਣੀ ਸਿਮਰਹਿ ਬਾਣੀ ਸਿਮਰਹਿ ਸਗਲੇ ਹਰਿ ਜਨਾ ॥੨॥ ਸਿਮਰਹਿ ਬ੍ਰਹਮੇ ਬਿਸਨ ਮਹੇਸਾ ॥ ਸਿਮਰਹਿ ਦੇਵਤੇ ਕੋੜਿ ਤੇਤੀਸਾ ॥ ਸਿਮਰਹਿ ਜਖ੍ਹਿ ਦੈਤ ਸਭਿ ਸਿਮਰਹਿ ਅਗਨਤੁ ਨ ਜਾਈ ਜਸੁ ਗਨਾ ॥੩॥ ਸਿਮਰਹਿ ਪਸੁ ਪੰਖੀ ਸਭਿ ਭੂਤਾ ॥ ਸਿਮਰਹਿ ਬਨ ਪਰਬਤ ਅਉਧੂਤਾ ॥ ਲਤਾ ਬਲੀ ਸਾਖ ਸਭ ਸਿਮਰਹਿ ਰਵਿ ਰਹਿਆ ਸੁਆਮੀ ਸਭ ਮਨਾ ॥੪॥ {ਪੰਨਾ ੧੦੭੮-੧੦੭੯}

ਪਦ ਅਰਥ :—ਸਿਮਰੈ—ਸਿਮਰਦਾ ਹੈ, ਹਰ ਵੇਲੇ ਚੇਤੇ ਰੱਖਦਾ ਹੈ, ਰਜ਼ਾ ਵਿਚ ਤੁਰਦਾ ਹੈ । ਅਰੁ—ਅਤੇ । ਸਿਮਰਹਿ—ਸਿਮਰਦੇ ਹਨ {ਬਹੁ-ਵਚਨ} । ਗੁਣਤਾਸਾ—ਗੁਣਾਂ ਦਾ ਖ਼ਜ਼ਾਨਾ ਪਰਮਾਤਮਾ । ਪਉਣ—ਹਵਾ । ਬੈਸੰਤਰ—ਅੱਗ । ਸਗਲ—ਸਾਰੀ । ਉਪਾਰਜਨਾ—ਸ੍ਰਿਸ਼ਟੀ ।੧।

ਦੀਪ—ਦ੍ਵੀਪ, ਟਾਪੂ । ਸਭਿ—ਸਾਰੇ । ਲੋਆ—ਮੰਡਲ {ਲੋਕ} । ਸਚੁ—ਸਦਾ-ਥਿਰ ਪ੍ਰਭੂ । ਸਚੁ ਸੋਆ—ਉਸ ਸਦਾ-ਥਿਰ ਪ੍ਰਭੂ ਨੂੰ । ਖਾਣੀ—{ਅੰਡਜ ਜੇਰਜ ਸੇਤਜ ਉਤਭੁਜ ਆਦਿਕ) ਖਾਣੀਆਂ । ਬਾਣੀ—ਸਭ ਬੋਲੀਆਂ (ਦੇ ਬੋਲਣ ਵਾਲੇ) ।੨।

ਬ੍ਰਹਮੇ—{ਬਹੁ-ਵਚਨ} ਅਨੇਕਾਂ ਬ੍ਰਹਮੇ । ਬਿਸਨ—{ਬਹੁ-ਵਚਨ} । ਮਹੇਸਾ—ਸ਼ਿਵ । ਕੋੜਿ ਤੇਤੀਸਾ—ਤੇਤੀ ਕ੍ਰੋੜ । ਜਖ੍ਹਿ—ਜੱਖ (ਦੇਵਤਿਆਂ ਦੀ ਇਕ ਸ਼੍ਰੇਣੀ) । ਅਗਨਤੁ—ਉਹ ਪਰਮਾਤਮਾ ਜਿਸ ਦੇ ਗੁਣ ਗਿਣੇ ਨਹੀਂ ਜਾ ਸਕਦੇ । ਜਸੁ—ਸਿਫ਼ਤਿ-ਸਾਲਾਹ । ਨ ਜਾਈ ਗਨਾ—ਗਿਣਿਆ ਨਹੀਂ ਜਾ ਸਕਦਾ ।੩।

ਸਭਿ ਭੂਤਾ—ਸਾਰੇ ਜੀਵ । ਪਰਬਤ ਅਉਧੂਤਾ—ਨਾਂਗੇ ਸਾਧੂਆਂ ਵਾਂਗ ਅਡੋਲ ਟਿਕੇ ਹੋਏ ਪਰਬਤ । ਲਤਾ—ਵੇਲ । ਬਲੀ—{ਵÑਲੀ} ਵੇਲ । ਸਾਖ—ਸ਼ਾਖ਼ਾਂ । ਰਵਿ ਰਹਿਆ—ਵਿਆਪਕ ਹੈ । ਸਭ ਮਨਾ—ਸਾਰੇ ਮਨਾਂ ਵਿਚ ।੪।

ਅਰਥ :—ਹੇ ਭਾਈ! ਧਰਤੀ ਪਰਮਾਤਮਾ ਦੀ ਰਜ਼ਾ ਵਿਚ ਤੁਰ ਰਹੀ ਹੈ ਆਕਾਸ਼ ਉਸ ਦੀ ਰਜ਼ਾ ਵਿਚ ਹੈ । ਚੰਦ ਅਤੇ ਸੂਰਜ ਉਸ ਗੁਣਾਂ ਦੇ ਖ਼ਜ਼ਾਨੇ ਪ੍ਰਭੂ ਦੀ ਰਜ਼ਾ ਵਿਚ ਤੁਰ ਰਹੇ ਹਨ । ਹਵਾ ਪਾਣੀ ਅੱਗ (ਆਦਿਕ ਤੱਤ) ਪ੍ਰਭੂ ਦੀ ਰਜ਼ਾ ਵਿਚ ਕੰਮ ਕਰ ਰਹੇ ਹਨ । ਸਾਰੀ ਸ੍ਰਿਸ਼ਟੀ ਉਸ ਦੀ ਰਜ਼ਾ ਵਿਚ ਕੰਮ ਕਰ ਰਹੀ ਹੈ ।੧।

ਹੇ ਭਾਈ! ਸਾਰੇ ਖੰਡ ਦੀਪ ਮੰਡਲ, ਪਾਤਾਲ ਅਤੇ ਸਾਰੀਆਂ ਪੁਰੀਆਂ, ਸਾਰੀਆਂ ਖਾਣੀਆਂ ਅਤੇ ਬਾਣੀਆਂ (ਦੇ ਜੀਵ), ਸਾਰੇ ਪ੍ਰਭੂ ਦੇ ਸੇਵਕ ਸਦਾ-ਥਿਰ ਪ੍ਰਭੂ ਦੀ ਰਜ਼ਾ ਵਿਚ ਵਰਤ ਰਹੇ ਹਨ ।੨।

ਹੇ ਭਾਈ! ਅਨੇਕਾਂ ਬ੍ਰਹਮੇ ਵਿਸ਼ਨੂ ਅਤੇ ਸ਼ਿਵ, ਤੇਤੀ ਕ੍ਰੋੜ ਦੇਵਤੇ, ਸਾਰੇ ਜੱਖ਼ ਅਤੇ ਦੈਂਤ ਉਸ ਅਗਣਤ ਪ੍ਰਭੂ ਨੂੰ ਹਰ ਵੇਲੇ ਯਾਦ ਕਰ ਰਹੇ ਹਨ । ਉਸ ਦੀ ਸਿਫ਼ਤਿ-ਸਾਲਾਹ ਦਾ ਅੰਤ ਨਹੀਂ ਪਾਇਆ ਜਾ ਸਕਦਾ ।੩।

ਹੇ ਭਾਈ! ਸਾਰੇ ਪਸ਼ੂ ਪੰਛੀ ਆਦਿਕ ਜੀਵ, ਜੰਗਲ ਅਤੇ ਅਡੋਲ ਟਿਕੇ ਹੋਏ ਪਹਾੜ, ਵੇਲਾਂ ਰੁੱਖਾਂ ਦੀਆਂ ਸ਼ਾਖ਼ਾਂ, ਸਭ ਪਰਮਾਤਮਾ ਦੀ ਰਜ਼ਾ ਵਿਚ ਕੰਮ ਕਰ ਰਹੇ ਹਨ । ਹੇ ਭਾਈ! ਮਾਲਕ-ਪ੍ਰਭੂ ਸਭ ਜੀਵਾਂ ਦੇ ਮਨਾਂ ਵਿਚ ਵੱਸ ਰਿਹਾ ਹੈ ।੪।

ਸਿਮਰਹਿ ਥੂਲ ਸੂਖਮ ਸਭਿ ਜੰਤਾ ॥ ਸਿਮਰਹਿ ਸਿਧ ਸਾਧਿਕ ਹਰਿ ਮੰਤਾ ॥ ਗੁਪਤ ਪ੍ਰਗਟ ਸਿਮਰਹਿ ਪ੍ਰਭ ਮੇਰੇ ਸਗਲ ਭਵਨ ਕਾ ਪ੍ਰਭ ਧਨਾ ॥੫॥ ਸਿਮਰਹਿ ਨਰ ਨਾਰੀ ਆਸਰਮਾ ॥ ਸਿਮਰਹਿ ਜਾਤਿ ਜੋਤਿ ਸਭਿ ਵਰਨਾ ॥ ਸਿਮਰਹਿ ਗੁਣੀ ਚਤੁਰ ਸਭਿ ਬੇਤੇ ਸਿਮਰਹਿ ਰੈਣੀ ਅਰੁ ਦਿਨਾ ॥੬॥ ਸਿਮਰਹਿ ਘੜੀ ਮੂਰਤ ਪਲ ਨਿਮਖਾ ॥ ਸਿਮਰੈ ਕਾਲੁ ਅਕਾਲੁ ਸੁਚਿ ਸੋਚਾ ॥ ਸਿਮਰਹਿ ਸਉਣ ਸਾਸਤ੍ਰ ਸੰਜੋਗਾ ਅਲਖੁ ਨ ਲਖੀਐ ਇਕੁ ਖਿਨਾ ॥੭॥ ਕਰਨ ਕਰਾਵਨਹਾਰ ਸੁਆਮੀ ॥ ਸਗਲ ਘਟਾ ਕੇ ਅੰਤਰਜਾਮੀ ॥ ਕਰਿ ਕਿਰਪਾ ਜਿਸੁ ਭਗਤੀ ਲਾਵਹੁ ਜਨਮੁ ਪਦਾਰਥੁ ਸੋ ਜਿਨਾ ॥੮॥ {ਪੰਨਾ ੧੦੭੯}

ਪਦ ਅਰਥ :—ਥੂਲ—ਸਥੂਲ, ਵੱਡੇ ਆਕਾਰ ਵਾਲੇ । ਸੂਖਮ—ਬਹੁਤ ਹੀ ਨਿੱਕੇ ਸਰੀਰ ਵਾਲੇ । ਸਭਿ—ਸਾਰੇ । ਸਿਧ—ਸਿੱਧ, ਜੋਗ-ਸਾਧਨਾਂ ਵਿਚ ਪੁੱਗੇ ਹੋਏ ਜੋਗੀ । ਸਾਧਿਕ—ਜੋਗ-ਸਾਧਨ ਕਰਨ ਵਾਲੇ । ਮੰਤਾ—ਮੰਤ੍ਰ, ਜਾਪ । ਗੁਪਤ ਪ੍ਰਗਟ—ਦਿੱਸਦੇ ਅਣਦਿੱਸਦੇ ਜੀਵ । ਪ੍ਰਭ—ਹੇ ਪ੍ਰਭੂ! ਧਨਾ—ਧਨੀ, ਮਾਲਕ ।੫।

ਆਸਰਮਾ—{ਬ੍ਰਹਮਚਰਜ, ਗ੍ਰਿਹਸਤ, ਵਾਨਪ੍ਰਸਥ, ਸੰਨਿਆਸ) ਚੌਹਾਂ ਆਸ਼੍ਰਮਾਂ ਦੇ ਪ੍ਰਾਣੀ । ਵਰਨਾ—(ਬ੍ਰਾਹਮਣ, ਖੱਤ੍ਰੀ, ਵੈਸ਼, ਸ਼ੂਦਰ) ਚਾਰ ਵਰਨਾਂ ਦੇ ਪ੍ਰਾਣੀ । ਸਭਿ—ਸਾਰੇ । ਗੁਨੀ—ਗੁਣਵਾਨ । ਬੇਤੇ—ਵਿਦਵਾਨ । ਰੈਣੀ—ਰਾਤ ।੬।

ਮੂਰਤ—ਮੁਹੂਰਤ । ਨਿਮਖਾ—{ਨਿਮੇ_} ਅੱਖ ਝਮਕਣ ਜਿਤਨਾ ਸਮਾ । ਕਾਲੁ—ਮੌਤ । ਅਕਾਲੁ—ਜਨਮ । ਸੁਚਿ—ਸਰੀਰਕ ਪਵਿੱਤ੍ਰਤਾ । ਸੋਚਾ—ਸ਼ੌਚ, ਸਰੀਰਕ ਕ੍ਰਿਆ ਸਾਧਣੀ । ਸਉਣ ਸਾਸਤ੍ਰ—ਜੋਤਿਸ਼ ਆਦਿਕ ਦੇ ਸ਼ਾਸਤ੍ਰ । ਅਲਖੁ—ਜਿਸ ਦਾ ਸਹੀ ਸਰੂਪ ਬਿਆਨ ਨਾਹ ਹੋ ਸਕੇ ।੭।

ਕਰਾਵਨਹਾਰ—(ਜੀਵਾਂ ਪਾਸੋਂ) ਕਰਾ ਸਕਣ ਵਾਲਾ । ਘਟ—ਹਿਰਦਾ । ਕਰਿ—ਕਰ ਕੇ । ਜਿਨਾ—ਜਿਣਾ, ਜਿੱਤਦਾ ਹੈ ।੮।

ਅਰਥ :—ਹੇ ਮੇਰੇ ਪ੍ਰਭੂ! ਬਹੁਤ ਵੱਡੇ ਸਰੀਰਾਂ ਤੋਂ ਲੈ ਕੇ ਬਹੁਤ ਹੀ ਨਿੱਕੇ ਸਰੀਰਾਂ ਵਾਲੇ ਸਾਰੇ ਜੀਵ, ਸਿੱਧ ਅਤੇ ਸਾਧਿਕ, ਦਿੱਸਦੇ ਅਣਦਿੱਸਦੇ ਸਾਰੇ ਜੀਵ ਤੈਨੂੰ ਹੀ ਸਿਮਰਦੇ ਹਨ । ਹੇ ਪ੍ਰਭੂ! ਤੂੰ ਸਾਰੇ ਭਵਨਾਂ ਦਾ ਮਾਲਕ ਹੈਂ ।੧।

ਹੇ ਭਾਈ! ਚੌਹਾਂ ਆਸ਼੍ਰਮਾਂ ਦੇ ਨਰ ਤੇ ਨਾਰੀਆਂ, ਸਭ ਜਾਤਾਂ ਤੇ ਵਰਨਾਂ ਦੇ ਸਾਰੇ ਪ੍ਰਾਣੀ, ਗੁਣਵਾਨ ਚਤੁਰ ਸਿਆਣੇ ਸਾਰੇ ਜੀਵ ਪਰਮਾਤਮਾ ਨੂੰ ਹੀ ਸਿਮਰਦੇ ਹਨ । (ਸਾਰੇ ਜੀਵ) ਰਾਤ ਅਤੇ ਦਿਨ ਹਰ ਵੇਲੇ ਉਸੇ ਪ੍ਰਭੂ ਨੂੰ ਸਿਮਰਦੇ ਹਨ ।੬।

ਹੇ ਭਾਈ! ਘੜੀ ਮੁਹੂਰਤ, ਪਲ, ਨਿਮਖ (ਆਦਿਕ ਸਮੇ ਦੀਆਂ ਵੰਡਾਂ) ਪ੍ਰਭੂ ਦੇ ਹੁਕਮ-ਨਿਯਮ ਵਿਚ ਲੰਘਦੇ ਜਾ ਰਹੇ ਹਨ । ਮੌਤ ਪ੍ਰਭੂ ਦੇ ਹੁਕਮ ਵਿਚ ਤੁਰ ਰਹੀ ਹੈ, ਜਨਮ ਪ੍ਰਭੂ ਦੇ ਹੁਕਮ ਵਿਚ ਤੁਰ ਰਿਹਾ ਹੈ । ਸੁੱਚ ਅਤੇ ਸਰੀਰਕ ਕ੍ਰਿਆ—ਇਹ ਭੀ ਹੁਕਮ ਵਿਚ ਹੀ ਕਾਰ ਚੱਲ ਰਹੀ ਹੈ । ਸੰਜੋਗ ਆਦਿਕ ਦੱਸਣ ਵਾਲੇ ਜੋਤਿਸ਼ ਅਤੇ ਹੋਰ ਸ਼ਾਸਤ੍ਰ ਉਸ ਦੇ ਹੁਕਮ ਵਿਚ ਹੀ ਚੱਲ ਪਏ ਹਨ । ਪਰ ਪ੍ਰਭੂ ਆਪ ਐਸਾ ਹੈ ਕਿ ਉਸ ਦਾ ਸਹੀ ਸਰੂਪ ਦੱਸਿਆ ਨਹੀਂ ਜਾ ਸਕਦਾ, ਰਤਾ ਭਰ ਭੀ ਬਿਆਨ ਨਹੀਂ ਕੀਤਾ ਜਾ ਸਕਦਾ ।੭।

ਹੇ ਸਭ ਕੁਝ ਆਪ ਕਰ ਸਕਣ ਵਾਲੇ ਅਤੇ ਜੀਵਾਂ ਪਾਸੋਂ ਕਰਾ ਸਕਣ ਵਾਲੇ ਸੁਆਮੀ! ਹੇ ਸਭ ਦੇ ਦਿਲਾਂ ਦੀ ਜਾਣਨ ਵਾਲੇ ਪ੍ਰਭੂ! ਤੂੰ ਮਿਹਰ ਕਰ ਕੇ ਜਿਸ ਮਨੁੱਖ ਨੂੰ ਆਪਣੀ ਭਗਤੀ ਵਿਚ ਲਾਂਦਾ ਹੈਂ, ਉਹ ਇਸ ਕੀਮਤੀ ਮਨੁੱਖਾ ਜਨਮ ਦੀ ਬਾਜ਼ੀ ਜਿੱਤ ਜਾਂਦਾ ਹੈ ।੮।

ਜਾ ਕੈ ਮਨਿ ਵੂਠਾ ਪ੍ਰਭੁ ਅਪਨਾ ॥ ਪੂਰੈ ਕਰਮਿ ਗੁਰ ਕਾ ਜਪੁ ਜਪਨਾ ॥ ਸਰਬ ਨਿਰੰਤਰਿ ਸੋ ਪ੍ਰਭੁ ਜਾਤਾ ਬਹੁੜਿ ਨ ਜੋਨੀ ਭਰਮਿ ਰੁਨਾ ॥੯॥ ਗੁਰ ਕਾ ਸਬਦੁ ਵਸੈ ਮਨਿ ਜਾ ਕੈ ॥ ਦੂਖੁ ਦਰਦੁ ਭ੍ਰਮੁ ਤਾ ਕਾ ਭਾਗੈ ॥ ਸੁਖ ਸਹਜ ਆਨੰਦ ਨਾਮ ਰਸੁ ਅਨਹਦ ਬਾਣੀ ਸਹਜ ਧੁਨਾ ॥੧੦॥ ਸੋ ਧਨਵੰਤਾ ਜਿਨਿ ਪ੍ਰਭੁ ਧਿਆਇਆ ॥ ਸੋ ਪਤਿਵੰਤਾ ਜਿਨਿ ਸਾਧ ਸੰਗੁ ਪਾਇਆ ॥ ਪਾਰਬ੍ਰਹਮੁ ਜਾ ਕੈ ਮਨਿ ਵੂਠਾ ਸੋ ਪੂਰ ਕਰੰਮਾ ਨਾ ਛਿਨਾ ॥੧੧॥ ਜਲਿ ਥਲਿ ਮਹੀਅਲਿ ਸੁਆਮੀ ਸੋਈ ॥ ਅਵਰੁ ਨ ਕਹੀਐ ਦੂਜਾ ਕੋਈ ॥ ਗੁਰ ਗਿਆਨ ਅੰਜਨਿ ਕਾਟਿਓ ਭ੍ਰਮੁ ਸਗਲਾ ਅਵਰੁ ਨ ਦੀਸੈ ਏਕ ਬਿਨਾ ॥੧੨॥ {ਪੰਨਾ ੧੦੭੯}

ਪਦ ਅਰਥ :—ਜਾ ਕੈ ਮਨਿ—ਜਿਸ (ਮਨੁੱਖ) ਦੇ ਮਨ ਵਿਚ । ਵੂਠਾ—ਆ ਵੱਸਿਆ । ਕਰਮਿ—ਬਖ਼ਸ਼ਸ਼ ਦੀ ਰਾਹੀਂ । ਸਰਬ ਨਿਰੰਤਰਿ—ਸਭਨਾਂ ਦੇ ਅੰਦਰ । ਜਾਤਾ—ਜਾਣ ਲਿਆ । ਬਹੁੜਿ—ਮੁੜ, ਫਿਰ । ਭਰਮਿ—ਭਟਕ ਕੇ । ਰੁਨਾ—ਰੁੰਨਾ, ਰੋਇਆ, ਦੁਖੀ ਹੋਇਆ ।੯।

ਭ੍ਰਮੁ—ਭਟਕਣਾ । ਤਾ ਕਾ—ਉਸ (ਮਨੁੱਖ) ਦਾ । ਭਾਗੈ—ਭੱਜ ਜਾਂਦਾ ਹੈ {ਇਕ-ਵਚਨ} । ਸਹਜ—ਆਤਮਕ ਅਡੋਲਤਾ । ਅਨਹਦ—ਇਕ-ਰਸ, ਲਗਾਤਾਰ । ਧੁਨਾ—ਰੌ ।੧੦।

ਜਿਨਿ—ਜਿਸ (ਮਨੁੱਖ) ਨੇ । ਪਤਿਵੰਤਾ—ਇੱਜ਼ਤ ਵਾਲਾ । ਸੰਗੁ—ਸਾਥ । ਸਾਧ ਸੰਗੁ—ਗੁਰੂ ਦਾ ਸਾਥ । ਪੂਰ ਕਰੰਮਾ—ਪੂਰੇ ਭਾਗਾਂ ਵਾਲਾ । ਛਿਨਾ—ਗੁਪਤ, ਲੁਕਿਆ ਹੋਇਆ । ਨਾ ਛਿਨਾ—ਉੱਘਾ ।੧੧।

ਜਲਿ—ਜਲ ਵਿਚ । ਥਲਿ—ਧਰਤੀ ਵਿਚ । ਮਹੀਅਲਿ—ਮਹੀ ਤਲਿ, ਧਰਤੀ ਦੇ ਤਲ ਉੱਤੇ, ਪੁਲਾੜ ਵਿਚ, ਆਕਾਸ਼ ਵਿਚ । ਕਹੀਐ—ਦੱਸਿਆ ਜਾ ਸਕਦਾ । ਗੁਰ ਗਿਆਨ ਅੰਜਨਿ—ਗੁਰੂ ਦੇ ਗਿਆਨ ਦੇ ਸੁਰਮੇ ਨੇ । ਸਗਲਾ—ਸਾਰਾ । ਦੀਸੈ—ਦਿੱਸਦਾ ।੧੨।

ਅਰਥ :—ਹੇ ਭਾਈ! ਜਿਸ ਮਨੁੱਖ ਦੇ ਮਨ ਵਿਚ ਪਿਆਰਾ ਪ੍ਰਭੂ ਆ ਵੱਸਦਾ ਹੈ, ਉਹ (ਪ੍ਰਭੂ ਦੀ) ਪੂਰੀ ਮਿਹਰ ਨਾਲ ਗੁਰੂ ਦਾ (ਦੱਸਿਆ) ਨਾਮ-ਜਾਪ ਜਪਦਾ ਹੈ । ਉਹ ਮਨੁੱਖ ਉਸ ਪ੍ਰਭੂ ਨੂੰ ਸਭਨਾਂ ਦੇ ਅੰਦਰ ਵੱਸਦਾ ਪਛਾਣ ਲੈਂਦਾ ਹੈ, ਉਹ ਮਨੁੱਖ ਮੁੜ ਜੂਨਾਂ ਦੀ ਭਟਕਣਾ ਵਿਚ ਦੁਖੀ ਨਹੀਂ ਹੁੰਦਾ ।੯।

ਹੇ ਭਾਈ! ਜਿਸ ਮਨੁੱਖ ਦੇ ਮਨ ਵਿਚ ਗੁਰੂ ਦਾ ਸ਼ਬਦ ਟਿਕ ਜਾਂਦਾ ਹੈ, ਉਸ ਦਾ ਦੁੱਖ ਉਸ ਦਾ ਦਰਦ ਦੂਰ ਹੋ ਜਾਂਦਾ ਹੈ, ਉਸ ਦੀ ਭਟਕਣਾ ਮੁੱਕ ਜਾਂਦੀ ਹੈ । ਉਸ ਦੇ ਅੰਦਰ ਆਤਮਕ ਅਡੋਲਤਾ ਦੇ ਸੁਖ-ਆਨੰਦ ਬਣੇ ਰਹਿੰਦੇ ਹਨ, ਉਸ ਨੂੰ ਪਰਮਾਤਮਾ ਦੇ ਨਾਮ ਦਾ ਸੁਆਦ ਆਉਣ ਲੱਗ ਪੈਂਦਾ ਹੈ, ਗੁਰਬਾਣੀ ਦੀ ਬਰਕਤਿ ਨਾਲ ਉਸ ਦੇ ਅੰਦਰ ਇਕ-ਰਸ ਆਤਮਕ ਅਡੋਲਤਾ ਦੀ ਰੌ ਚੱਲੀ ਰਹਿੰਦੀ ਹੈ ।੧੦।

ਹੇ ਭਾਈ! ਜਿਸ ਮਨੁੱਖ ਨੇ ਪ੍ਰਭੂ ਦਾ ਧਿਆਨ ਧਰਿਆ ਉਹ ਨਾਮ-ਖ਼ਜ਼ਾਨੇ ਦਾ ਮਾਲਕ ਬਣ ਗਿਆ, ਜਿਸ ਮਨੁੱਖ ਨੇ ਗੁਰੂ ਦਾ ਸਾਥ ਹਾਸਲ ਕਰ ਲਿਆ ਉਹ (ਲੋਕ ਪਰਲੋਕ ਵਿਚ) ਇੱਜ਼ਤ ਵਾਲਾ ਹੋ ਗਿਆ । ਹੇ ਭਾਈ! ਜਿਸ ਮਨੁੱਖ ਦੇ ਮਨ ਵਿਚ ਪਰਮਾਤਮਾ ਆ ਵੱਸਿਆ, ਉਹ ਵੱਡੀ ਕਿਸਮਤ ਵਾਲਾ ਹੋ ਗਿਆ ਉਹ (ਜਗਤ ਵਿਚ) ਉੱਘਾ ਹੋ ਗਿਆ ।੧੧।

ਹੇ ਭਾਈ! ਉਹੀ ਮਾਲਕ-ਪ੍ਰਭੂ ਜਲ ਵਿਚ ਧਰਤੀ ਵਿਚ ਆਕਾਸ਼ ਵਿਚ ਵੱਸਦਾ ਹੈ, ਉਸ ਤੋਂ ਬਿਨਾ ਕੋਈ ਦੂਜਾ ਦੱਸਿਆ ਹੀ ਨਹੀਂ ਜਾ ਸਕਦਾ । ਹੇ ਭਾਈ! ਗੁਰੂ ਦੇ ਗਿਆਨ ਦੇ ਸੁਰਮੇ ਨੇ (ਜਿਸ ਮਨੁੱਖ ਦੀਆਂ ਅੱਖਾਂ ਦਾ) ਸਾਰਾ ਭਰਮ (-ਜਾਲਾ) ਕੱਟ ਦਿੱਤਾ, ਉਸ ਨੂੰ ਇਕ ਪਰਮਾਤਮਾ ਤੋਂ ਬਿਨਾ (ਕਿਤੇ ਕੋਈ) ਹੋਰ ਨਹੀਂ ਦਿੱਸਦਾ ।੧੨।

ਊਚੇ ਤੇ ਊਚਾ ਦਰਬਾਰਾ ॥ ਕਹਣੁ ਨ ਜਾਈ ਅੰਤੁ ਨ ਪਾਰਾ ॥ ਗਹਿਰ ਗੰਭੀਰ ਅਥਾਹ ਸੁਆਮੀ ਅਤੁਲੁ ਨ ਜਾਈ ਕਿਆ ਮਿਨਾ ॥੧੩॥ ਤੂ ਕਰਤਾ ਤੇਰਾ ਸਭੁ ਕੀਆ ॥ ਤੁਝੁ ਬਿਨੁ ਅਵਰੁ ਨ ਕੋਈ ਬੀਆ ॥ ਆਦਿ ਮਧਿ ਅੰਤਿ ਪ੍ਰਭੁ ਤੂਹੈ ਸਗਲ ਪਸਾਰਾ ਤੁਮ ਤਨਾ ॥੧੪॥ ਜਮਦੂਤੁ ਤਿਸੁ ਨਿਕਟਿ ਨ ਆਵੈ ॥ ਸਾਧ ਸੰਗਿ ਹਰਿ ਕੀਰਤਨੁ ਗਾਵੈ ॥ ਸਗਲ ਮਨੋਰਥ ਤਾ ਕੇ ਪੂਰਨ ਜੋ ਸ੍ਰਵਣੀ ਪ੍ਰਭ ਕਾ ਜਸੁ ਸੁਨਾ ॥੧੫॥ ਤੂ ਸਭਨਾ ਕਾ ਸਭੁ ਕੋ ਤੇਰਾ ॥ ਸਾਚੇ ਸਾਹਿਬ ਗਹਿਰ ਗੰਭੀਰਾ ॥ ਕਹੁ ਨਾਨਕ ਸੇਈ ਜਨ ਊਤਮ ਜੋ ਭਾਵਹਿ ਸੁਆਮੀ ਤੁਮ ਮਨਾ ॥੧੬॥੧॥੮॥ {ਪੰਨਾ ੧੦੭੯}

ਪਦ ਅਰਥ :—ਤੇ—ਤੋਂ । ਊਚੇ ਤੇ ਊਚਾ—ਸਭ ਤੋਂ ਉੱਚਾ । ਪਾਰਾ—ਪਾਰਲਾ ਬੰਨਾ । ਗਹਿਰ—ਡੂੰਘਾ । ਗੰਭੀਰ—ਵੱਡੇ ਜਿਗਰੇ ਵਾਲਾ । ਕਿਆ ਮਿਨਾ—ਮੈਂ ਕੀਹ ਮਿਣ ਸਕਦਾ ਹਾਂ? ਮੈਂ ਮਿਣ-ਤੋਲ ਨਹੀਂ ਸਕਦਾ ।੧੩।

ਸਭੁ—ਸਾਰਾ ਜਗਤ । ਬੀਆ—ਦੂਜਾ । ਆਦਿ ਮਧਿ ਅੰਤਿ—ਜਗਤ-ਰਚਨਾ ਦੇ ਸ਼ੁਰੂ ਵਿਚ, ਵਿਚਕਾਰ ਅਤੇ ਅਖ਼ੀਰ ਵਿਚ । ਤੁਮ ਤਨਾ—ਤੇਰੇ ਸਰੀਰ ਦਾ, ਤੇਰੇ ਆਪੇ ਦਾ ।੧੪।

ਨਿਕਟਿ—ਨੇੜੇ । ਸਾਧ ਸੰਗਿ—ਗੁਰੂ ਦੀ ਸੰਗਤਿ ਵਿਚ । ਤਾ ਕੇ—ਉਸ ਮਨੁੱਖ ਦੇ । ਸ੍ਰਵਣੀ—ਕੰਨਾਂ ਨਾਲ ।੧੫।

ਸਭੁ ਕੋ—ਹਰੇਕ ਜੀਵ । ਸਾਹਿਬ—ਹੇ ਸਾਹਿਬ! ਸਾਚੇ—ਹੇ ਸਦਾ ਕਾਇਮ ਰਹਿਣ ਵਾਲੇ! ਨਾਨਕ—ਹੇ ਨਾਨਕ! ਸੇਈ ਜਨ—ਉਹੀ ਮਨੁੱਖ {ਬਹੁ-ਵਚਨ} । ਸੁਆਮੀ—ਹੇ ਸੁਆਮੀ! ।੧੬।

ਅਰਥ :—ਹੇ ਪ੍ਰਭੂ! ਤੇਰਾ ਦਰਬਾਰ ਸਭ (ਦਰਬਾਰਾਂ) ਨਾਲੋਂ ਉੱਚਾ ਹੈ, ਉਸ ਦਾ ਅਖ਼ੀਰ ਉਸ ਦਾ ਪਾਰਲਾ ਬੰਨਾ ਦੱਸਿਆ ਨਹੀਂ ਜਾ ਸਕਦਾ । ਹੇ ਡੂੰਘੇ ਤੇ ਅਥਾਹ (ਸਮੁੰਦਰ)! ਹੇ ਵੱਡੇ ਜਿਗਰੇ ਵਾਲੇ! ਹੇ ਮਾਲਕ! ਤੂੰ ਅਤੁੱਲ ਹੈਂ, ਤੈਨੂੰ ਤੋਲਿਆ ਨਹੀਂ ਜਾ ਸਕਦਾ, ਤੈਨੂੰ ਮਿਣਿਆ ਨਹੀਂ ਜਾ ਸਕਦਾ ।੧੩।

ਹੇ ਪ੍ਰਭੂ! ਤੂੰ ਪੈਦਾ ਕਰਨ ਵਾਲਾ ਹੈਂ, ਸਾਰਾ ਜਗਤ ਤੇਰਾ ਪੈਦਾ ਕੀਤਾ ਹੋਇਆ ਹੈ । ਤੈਥੋਂ ਬਿਨਾ (ਤੇਰੇ ਵਰਗਾ) ਕੋਈ ਹੋਰ ਦੂਜਾ ਨਹੀਂ ਹੈ । ਜਗਤ ਦੇ ਸ਼ੁਰੂ ਤੋਂ ਅਖ਼ੀਰ ਤਕ ਤੂੰ ਸਦਾ ਕਾਇਮ ਰਹਿਣ ਵਾਲਾ ਹੈਂ । ਇਹ ਸਾਰਾ ਜਗਤ-ਖਿਲਾਰਾ ਤੇਰੇ ਹੀ ਆਪਣੇ ਆਪ ਦਾ ਹੈ ।੧੪।

ਹੇ ਭਾਈ! ਜਿਹੜਾ ਮਨੁੱਖ ਗੁਰੂ ਦੀ ਸੰਗਤਿ ਵਿਚ ਰਹਿ ਕੇ ਪਰਮਾਤਮਾ ਦੀ ਸਿਫ਼ਤਿ-ਸਾਲਾਹ ਦਾ ਗੀਤ ਗਾਂਦਾ ਹੈ, ਜਮਦੂਤ ਉਸ ਦੇ ਨੇੜੇ ਨਹੀਂ ਆ ਸਕਦਾ (ਮੌਤ ਉਸ ਨੂੰ ਡਰਾ ਨਹੀਂ ਸਕਦੀ । ਆਤਮਕ ਮੌਤ ਉਸ ਦੇ ਨੇੜੇ ਨਹੀਂ ਆ ਸਕਦੀ) । ਜਿਹੜਾ ਮਨੁੱਖ ਆਪਣੇ ਕੰਨਾਂ ਨਾਲ ਪ੍ਰਭੂ ਦਾ ਜਸ ਸੁਣਦਾ ਰਹਿੰਦਾ ਹੈ, ਉਸ ਦੀਆਂ ਸਾਰੀਆਂ ਲੋੜਾਂ ਪੂਰੀਆਂ ਹੋ ਜਾਂਦੀਆਂ ਹਨ ।੧੫।

ਹੇ ਪ੍ਰਭੂ! ਤੂੰ ਸਾਰੇ ਜੀਵਾਂ ਦਾ (ਖਸਮ) ਹੈਂ । ਹਰੇਕ ਜੀਵ ਤੇਰਾ (ਪੈਦਾ ਕੀਤਾ ਹੋਇਆ) ਹੈ । ਹੇ ਨਾਨਕ! ਆਖ—(ਹੇ ਸਦਾ ਕਾਇਮ ਰਹਿਣ ਵਾਲੇ ਮਾਲਕ! ਹੇ ਡੂੰਘੇ ਤੇ ਵੱਡੇ ਜਿਗਰੇ ਵਾਲੇ ਪ੍ਰਭੂ!) ਉਹੀ ਮਨੁੱਖ ਸ੍ਰੇਸ਼ਟ ਹਨ ਜਿਹੜੇ ਤੇਰੇ ਮਨ ਨੂੰ ਚੰਗੇ ਲੱਗਦੇ ਹਨ ।੧੬।੧।੮।

ਮਾਰੂ ਮਹਲਾ ੫ ॥ ਪ੍ਰਭ ਸਮਰਥ ਸਰਬ ਸੁਖ ਦਾਨਾ ॥ ਸਿਮਰਉ ਨਾਮੁ ਹੋਹੁ ਮਿਹਰਵਾਨਾ ॥ ਹਰਿ ਦਾਤਾ ਜੀਅ ਜੰਤ ਭੇਖਾਰੀ ਜਨੁ ਬਾਂਛੈ ਜਾਚੰਗਨਾ ॥੧॥ ਮਾਗਉ ਜਨ ਧੂਰਿ ਪਰਮ ਗਤਿ ਪਾਵਉ ॥ ਜਨਮ ਜਨਮ ਕੀ ਮੈਲੁ ਮਿਟਾਵਉ ॥ ਦੀਰਘ ਰੋਗ ਮਿਟਹਿ ਹਰਿ ਅਉਖਧਿ ਹਰਿ ਨਿਰਮਲਿ ਰਾਪੈ ਮੰਗਨਾ ॥੨॥ ਸ੍ਰਵਣੀ ਸੁਣਉ ਬਿਮਲ ਜਸੁ ਸੁਆਮੀ ॥ ਏਕਾ ਓਟ, ਤਜਉ ਬਿਖੁ ਕਾਮੀ ॥ ਨਿਵਿ ਨਿਵਿ ਪਾਇ ਲਗਉ ਦਾਸ ਤੇਰੇ ਕਰਿ ਸੁਕ੍ਰਿਤੁ ਨਾਹੀ ਸੰਗਨਾ ॥੩॥ ਰਸਨਾ ਗੁਣ ਗਾਵੈ ਹਰਿ ਤੇਰੇ ॥ ਮਿਟਹਿ ਕਮਾਤੇ ਅਵਗੁਣ ਮੇਰੇ ॥ ਸਿਮਰਿ ਸਿਮਰਿ ਸੁਆਮੀ ਮਨੁ ਜੀਵੈ ਪੰਚ ਦੂਤ ਤਜਿ ਤੰਗਨਾ ॥੪॥ {ਪੰਨਾ ੧੦੮੦}

ਪਦ ਅਰਥ :—ਪ੍ਰਭ—ਹੇ ਪ੍ਰਭੂ! ਸਮਰਥ—ਹੇ ਸਾਰੀਆਂ ਤਾਕਤਾਂ ਦੇ ਮਾਲਕ! ਸਿਮਰਉ—ਮੈਂ ਸਿਮਰਦਾ ਰਹਾਂ । ਜੀਅ ਜੰਤ—ਸਾਰੇ ਜੀਵ । ਭੇਖਾਰੀ—ਮੰਗਤੇ । ਜਨੁ—ਦਾਸ । ਬਾਂਛੈ—ਮੰਗਦਾ ਹੈ, ਤਾਂਘ ਕਰਦਾ ਹੈ । ਜਾਚੰਗਨਾ—ਮੰਗਤਾ (ਬਣ ਕੇ) ।੧।

ਮਾਗਉ—ਮਾਗਉਂ, ਮੈਂ ਮੰਗਦਾ ਹਾਂ । ਜਨ ਧੂਰਿ—ਸੰਤ ਜਨਾਂ ਦੀ ਚਰਨ-ਧੂੜ । ਪਰਮ ਗਤਿ—ਸਭ ਤੋਂ ਉੱਚੀ ਆਤਮਕ ਅਵਸਥਾ । ਪਾਵਉ—ਪਾਵਉਂ, ਮੈਂ ਹਾਸਲ ਕਰ ਲਵਾਂ । ਦੀਰਘ ਰੋਗ—ਵੱਡੇ ਰੋਗ । ਮਿਟਹਿ—ਮਿਟ ਜਾਂਦੇ ਹਨ {ਬਹੁ-ਵਚਨ} । ਹਰਿ ਅਉਖਧਿ—ਹਰਿ-ਨਾਮ ਦੀ ਦਵਾਈ ਨਾਲ । ਨਿਰਮਲਿ—ਨਿਰਮਲ ਵਿਚ । ਰਾਪੈ—ਰੰਗਿਆ ਜਾਏ । ਮੰਗਨਾ—ਮੈਂ ਮੰਗਦਾ ਹਾਂ ।੨।

ਸ੍ਰਵਣੀ—ਕੰਨਾਂ ਨਾਲ । ਸੁਣਉ—ਸੁਣਉਂ, ਮੈਂ ਸੁਣਦਾ ਰਹਾਂ । ਬਿਮਲ—ਪਵਿੱਤਰ । ਸੁਆਮੀ—ਹੇ ਸੁਆਮੀ! ਓਟ—ਆਸਰਾ । ਤਜਉ—ਤਜਉਂ, ਮੈਂ ਤਿਆਗ ਦਿਆਂ । ਬਿਖੁ—ਜ਼ਹਰ, ਆਤਮਕ ਮੌਤ ਲਿਆਉਣ ਵਾਲੀ । ਕਾਮੀ—ਕਾਮਨਾ, ਵਾਸਨਾ । ਨਿਵਿ—ਨਿਊਂ ਕੇ । ਪਾਇ ਲਗਉ—ਪਾਇ ਲਗਉਂ, ਮੈਂ ਪੈਰੀਂ ਲੱਗਾਂ । ਕਰਿ—ਕਰ ਕੇ । ਸੁਕ੍ਰਿਤੁ—ਨੇਕ ਕਮਾਈ । ਸੰਗਨਾ—ਝਾਕਾ ਲੱਗੇ ।੩।

ਰਸਨਾ—ਜੀਭ । ਕਮਾਤੇ—ਕਮਾਏ ਹੋਏ । ਅਵਗੁਣ—ਵਿਕਾਰ । ਸਿਮਰਿ—ਸਿਮਰ ਕੇ । ਜੀਵੈ—ਆਤਮਕ ਜੀਵਨ ਪ੍ਰਾਪਤ ਕਰਦਾ ਰਹੇ । ਦੂਤ—ਵੈਰੀ । ਤੰਗਨਾ—ਤੰਗ ਕਰਨ ਵਾਲੇ ।੪।

ਅਰਥ :—ਹੇ ਸਾਰੀਆਂ ਤਾਕਤਾਂ ਦੇ ਮਾਲਕ ਪ੍ਰਭੂ! ਹੇ ਸਾਰੇ ਸੁਖ ਦੇਣ ਵਾਲੇ! (ਮੇਰੇ ਉਤੇ) ਮਿਹਰਵਾਨ ਹੋ, ਮੈਂ ਤੇਰਾ ਨਾਮ ਸਿਮਰਦਾ ਰਹਾਂ । ਹੇ ਭਾਈ! ਪਰਮਾਤਮਾ ਦਾਤਾਂ ਦੇਣ ਵਾਲਾ ਹੈ, ਸਾਰੇ ਜੀਵ (ਉਸ ਦੇ ਦਰ ਦੇ) ਮੰਗਤੇ ਹਨ । (ਨਾਨਕ ਉਸ ਦਾ) ਦਾਸ ਮੰਗਤਾ ਬਣ ਕੇ (ਉਸ ਪਾਸੋਂ ਨਾਮ ਦੀ ਦਾਤਿ) ਮੰਗਦਾ ਹੈ ।੧।

ਹੇ ਭਾਈ! (ਪ੍ਰਭੂ ਦੇ ਦਰ ਤੋਂ) ਮੈਂ (ਉਸ ਦੇ) ਸੇਵਕਾਂ ਦੀ ਚਰਨ-ਧੂੜ ਮੰਗਦਾ ਹਾਂ ਤਾ ਕਿ ਮੈਂ ਸਭ ਤੋਂ ਉੱਚੀ ਆਤਮਕ ਅਵਸਥਾ ਹਾਸਲ ਕਰ ਸਕਾਂ, ਅਤੇ ਅਨੇਕਾਂ ਜਨਮਾਂ ਦੀ (ਵਿਕਾਰਾਂ ਦੀ) ਮੈਲ ਦੂਰ ਕਰ ਸਕਾਂ । ਹੇ ਭਾਈ! ਹਰਿ-ਨਾਮ ਦੀ ਦਵਾਈ ਨਾਲ ਵੱਡੇ-ਵੱਡੇ ਰੋਗ ਦੂਰ ਹੋ ਜਾਂਦੇ ਹਨ । ਮੈਂ ਭੀ (ਉਸ ਦੇ ਦਰ ਤੋਂ) ਮੰਗਦਾ ਹਾਂ ਕਿ ਉਸ ਦੇ ਪਵਿੱਤਰ ਨਾਮ ਵਿਚ (ਮੇਰਾ ਮਨ) ਰੰਗਿਆ ਰਹੇ ।੨।

ਹੇ ਸੁਆਮੀ! (ਮਿਹਰ ਕਰ) ਮੈਂ (ਆਪਣੇ) ਕੰਨਾਂ ਨਾਲ ਤੇਰਾ ਪਵਿੱਤਰ ਜਸ ਸੁਣਦਾ ਰਹਾਂ । ਮੈਨੂੰ ਸਿਰਫ਼ ਤੇਰਾ ਹੀ ਆਸਰਾ ਹੈ, (ਮਿਹਰ ਕਰ) ਮੈਂ ਆਤਮਕ ਮੌਤ ਲਿਆਉਣ ਵਾਲੀ ਕਾਮ-ਵਾਸਨਾ ਤਿਆਗ ਦਿਆਂ, ਮੈਂ ਨਿਊਂ ਨਿਊਂ ਕੇ ਤੇਰੇ ਸੇਵਕਾਂ ਦੀ ਚਰਨੀਂ ਲੱਗਦਾ ਰਹਾਂ । ਇਹ ਨੇਕ ਕਮਾਈ ਕਰਦਿਆਂ ਮੈਨੂੰ ਕਦੇ ਝਾਕਾ ਨਾਹ ਲੱਗੇ ।੩।

ਹੇ ਸੁਆਮੀ! ਹੇ ਹਰੀ! (ਮਿਹਰ ਕਰ) ਮੇਰੀ ਜੀਭ ਤੇਰੇ ਗੁਣ ਗਾਂਦੀ ਰਹੇ, ਤੇ, ਮੇਰੇ (ਪਿਛਲੇ) ਕੀਤੇ ਹੋਏ ਔਗੁਣ ਮਿਟ ਜਾਣ । (ਮਿਹਰ ਕਰ) ਤੇਰਾ ਨਾਮ ਸਿਮਰ ਸਿਮਰ ਕੇ (ਤੇ, ਸਿਮਰਨ ਦੀ ਬਰਕਤਿ ਨਾਲ) ਦੁਖੀ ਕਰਨ ਵਾਲੇ ਕਾਮਾਦਿਕ ਪੰਜ ਵੈਰੀਆਂ ਦਾ ਸਾਥ ਛੱਡ ਕੇ ਮੇਰਾ ਮਨ ਆਤਮਕ ਜੀਵਨ ਪ੍ਰਾਪਤ ਕਰ ਲਏ ।੪।

ਚਰਨ ਕਮਲ ਜਪਿ ਬੋਹਿਥਿ ਚਰੀਐ ॥ ਸੰਤ ਸੰਗਿ ਮਿਲਿ ਸਾਗਰੁ ਤਰੀਐ ॥ ਅਰਚਾ ਬੰਦਨ ਹਰਿ ਸਮਤ ਨਿਵਾਸੀ ਬਾਹੁੜਿ ਜੋਨਿ ਨ ਨੰਗਨਾ ॥੫॥ ਦਾਸ ਦਾਸਨ ਕੋ ਕਰਿ ਲੇਹੁ ਗੋੁਪਾਲਾ ॥ ਕ੍ਰਿਪਾ ਨਿਧਾਨ ਦੀਨ ਦਇਆਲਾ ॥ ਸਖਾ ਸਹਾਈ ਪੂਰਨ ਪਰਮੇਸੁਰ ਮਿਲੁ ਕਦੇ ਨ ਹੋਵੀ ਭੰਗਨਾ ॥੬॥ ਮਨੁ ਤਨੁ ਅਰਪਿ

ਧਰੀ ਹਰਿ ਆਗੈ ॥ ਜਨਮ ਜਨਮ ਕਾ ਸੋਇਆ ਜਾਗੈ ॥ ਜਿਸ ਕਾ ਸਾ ਸੋਈ ਪ੍ਰਤਿਪਾਲਕੁ ਹਤਿ ਤਿਆਗੀ ਹਉਮੈ ਹੰਤਨਾ ॥੭॥ ਜਲਿ ਥਲਿ ਪੂਰਨ ਅੰਤਰਜਾਮੀ ॥ ਘਟਿ ਘਟਿ ਰਵਿਆ ਅਛਲ ਸੁਆਮੀ ॥ ਭਰਮ ਭੀਤਿ ਖੋਈ ਗੁਰਿ ਪੂਰੈ ਏਕੁ ਰਵਿਆ ਸਰਬੰਗਨਾ ॥੮॥ {ਪੰਨਾ ੧੦੮੦}

ਪਦ ਅਰਥ :—ਚਰਨ ਕਮਲ—ਕੌਲ ਫੁੱਲ ਵਰਗੇ ਸੋਹਣੇ ਚਰਨ । ਬੋਹਿਥਿ—ਜਹਾਜ਼ ਵਿਚ । ਚਰੀਐ—ਚੜ੍ਹਨਾ ਚਾਹੀਦਾ ਹੈ । ਸੰਗਿ—ਸੰਗਤਿ ਵਿਚ । ਸਾਗਰੁ—ਸਮੁੰਦਰ । ਤਰੀਐ—ਤਰਿਆ ਜਾ ਸਕਦਾ ਹੈ । ਅਰਚਾ—ਫੁੱਲ ਆਦਿਕ ਭੇਟ ਰੱਖ ਕੇ ਦੇਵ-ਪੂਜਾ ਕਰਨੀ । ਬੰਦਨ—ਨਮਸਕਾਰ । ਸਮਤ ਨਿਵਾਸੀ—(ਸਭ ਜੀਵਾਂ ਵਿਚ) ਇਕ-ਸਮਾਨ ਵੱਸਣ ਵਾਲਾ । ਨ ਨੰਗਨਾ—ਬੇ-ਇੱਜ਼ਤ ਨਹੀਂ ਹੋਈਦਾ ।੫।

ਕੋ—ਦਾ । ਗੁੋਪਾਲਾ—ਹੇ ਗੋਪਾਲ! {ਅੱਖਰ 'ਗ' ਨਾਲ ਦੋ ਲਗਾਂ ਹਨ— ੋ ਅਤੇ ੁ । ਅਸਲ ਲਫ਼ਜ਼ 'ਗੋਪਾਲ' ਹੈ, ਇਥੇ 'ਗੁਪਾਲ' ਪੜ੍ਹਨਾ ਹੈ} । ਨਿਧਾਨ—ਖ਼ਜ਼ਾਨਾ । ਪਰਮੇਸੁਰ—ਹੇ ਪਰਮੇਸਰ! ਭੰਗਨਾ—ਵਿਛੋੜਾ ।੬।

ਅਰਪਿ—ਭੇਟਾ ਕਰ ਕੇ । ਅਰਪਿ ਧਰੀ—ਭੇਟਾ ਕਰ ਦਿੱਤੀ । ਜਿਸ ਕਾ—{ਸੰਬੰਧਕ 'ਕਾ' ਦੇ ਕਾਰਨ ਲਫ਼ਜ਼ 'ਜਿਸੁ' ਦਾ ੁ ਉੱਡ ਗਿਆ ਹੈ} । ਸਾ—ਸੀ, ਪੈਦਾ ਕੀਤਾ ਹੋਇਆ ਸੀ । ਹਤਿ—ਮਾਰ ਕੇ । ਹੰਤਨਾ—ਮਾਰਨ ਵਾਲੀ, ਆਤਮਕ ਮੌਤ ਲਿਆਉਣ ਵਾਲੀ ।੭।

ਜਲਿ—ਜਲ ਵਿਚ । ਥਲਿ—ਧਰਤੀ ਵਿਚ । ਪੂਰਨ—ਵਿਆਪਕ । ਘਟਿ ਘਟਿ—ਹਰੇਕ ਸਰੀਰ ਵਿਚ । ਭੀਤਿ—ਕੰਧ । ਗੁਰਿ ਪੂਰੈ—ਪੂਰੇ ਗੁਰੂ ਨੇ । ਰਵਿਆ—ਵਿਆਪਕ । ਸਰਬੰਗਨਾ—ਸਭਨਾਂ ਵਿਚ ।੮।

ਅਰਥ :—ਹੇ ਭਾਈ! (ਸੰਸਾਰ-ਸਮੁੰਦਰ ਤੋਂ ਪਾਰ ਲੰਘਣ ਲਈ ਪਰਮਾਤਮਾ ਦੇ) ਸੋਹਣੇ ਚਰਨਾਂ ਦਾ ਧਿਆਨ ਧਰ ਕੇ (ਨਾਮ-) ਜਹਾਜ਼ ਵਿਚ ਚੜ੍ਹਨਾ ਚਾਹੀਦਾ ਹੈ, ਗੁਰੂ ਦੀ ਸੰਗਤਿ ਵਿਚ ਮਿਲ ਕੇ (ਸੰਸਾਰ-) ਸਮੁੰਦਰ ਤੋਂ ਪਾਰ ਲੰਘਿਆ ਜਾ ਸਕੀਦਾ ਹੈ । ਪਰਮਾਤਮਾ ਨੂੰ ਸਭ ਜੀਵਾਂ ਵਿਚ ਇਕ-ਸਮਾਨ ਵੱਸਦਾ ਜਾਣ ਲੈਣਾ—ਇਹੀ ਹੈ ਉਸ ਦੀ ਅਰਚਾ-ਪੂਜਾ, ਇਹੀ ਹੈ ਉਸ ਅੱਗੇ ਬੰਦਨਾ । (ਇਸ ਤਰ੍ਹਾਂ) ਮੁੜ ਮੁੜ ਜੂਨਾਂ ਵਿਚ ਪੈ ਕੇ ਖ਼ੁਆਰ ਨਹੀਂ ਹੋਈਦਾ ।੫।

ਹੇ ਗੋਪਾਲ! ਹੇ ਕਿਰਪਾ ਦੇ ਖ਼ਜ਼ਾਨੇ! ਹੇ ਦੀਨਾਂ ਉਤੇ ਦਇਆ ਕਰਨ ਵਾਲੇ! ਮੈਨੂੰ ਆਪਣੇ ਦਾਸਾਂ ਦਾ ਦਾਸ ਬਣਾ ਲੈ । ਹੇ ਸਰਬ-ਵਿਆਪਕ ਪਰਮੇਸਰ! ਤੂੰ ਹੀ ਮੇਰਾ ਮਿੱਤਰ ਹੈਂ, ਤੂੰ ਹੀ ਮੇਰਾ ਮਦਦਗਾਰ ਹੈਂ । ਮੈਨੂੰ ਮਿਲ, ਤੈਥੋਂ ਮੇਰਾ ਕਦੇ ਵਿਛੋੜਾ ਨਾਹ ਹੋਵੇ ।੬।

ਹੇ ਭਾਈ! ਜਿਸ ਮਨੁੱਖ ਨੇ ਆਪਣਾ ਮਨ ਆਪਣਾ ਤਨ ਪਰਮਾਤਮਾ ਅੱਗੇ ਭੇਟਾ ਕਰ ਦਿੱਤਾ, ਉਹ ਮਨੁੱਖ ਅਨੇਕਾਂ ਜਨਮਾਂ ਦਾ ਸੁੱਤਾ ਹੋਇਆ (ਭੀ) ਜਾਗ ਪੈਂਦਾ ਹੈ (ਆਤਮਕ ਜੀਵਨ ਦੀ ਸੂਝ ਵਾਲਾ ਹੋ ਜਾਂਦਾ ਹੈ) । ਜਿਸ ਪਰਮਾਤਮਾ ਨੇ ਉਸ ਨੂੰ ਪੈਦਾ ਕੀਤਾ ਸੀ, ਉਹੀ ਉਸ ਦਾ ਰਾਖਾ ਬਣ ਜਾਂਦਾ ਹੈ, ਉਹ ਮਨੁੱਖ ਆਤਮਕ ਮੌਤ ਲਿਆਉਣ ਵਾਲੀ ਹਉਮੈ ਨੂੰ ਸਦਾ ਲਈ ਤਿਆਗ ਦੇਂਦਾ ਹੈ ।੭।

ਹੇ ਭਾਈ! ਪੂਰੇ ਗੁਰੂ ਨੇ (ਜਿਸ ਮਨੁੱਖ ਦੀ ਪਰਮਾਤਮਾ ਨਾਲੋਂ ਵਿਛੋੜਾ ਪਾਣ ਵਾਲੀ) ਭਟਕਣਾ ਦੀ ਕੰਧ ਦੂਰ ਕਰ ਦਿੱਤੀ, ਉਸ ਨੂੰ ਪਰਮਾਤਮਾ ਸਭਨਾਂ ਵਿਚ ਵਿਆਪਕ ਦਿੱਸ ਪੈਂਦਾ ਹੈ; (ਉਸ ਨੂੰ ਦਿੱਸ ਪੈਂਦਾ ਹੈ ਕਿ) ਸਭ ਦੇ ਦਿਲਾਂ ਦੀ ਜਾਣਨ ਵਾਲਾ ਪ੍ਰਭੂ ਜਲ ਵਿਚ ਧਰਤੀ ਵਿਚ ਸਭ ਥਾਂ ਵਿਆਪਕ ਹੈ, ਮਾਇਆ ਪਾਸੋਂ ਨਾਹ ਛਲਿਆ ਜਾ ਸਕਣ ਵਾਲਾ ਹਰੀ ਹਰੇਕ ਸਰੀਰ ਵਿਚ ਮੌਜੂਦ ਹੈ ।੮।

ਜਤ ਕਤ ਪੇਖਉ ਪ੍ਰਭ ਸੁਖ ਸਾਗਰ ॥ ਹਰਿ ਤੋਟਿ ਭੰਡਾਰ ਨਾਹੀ ਰਤਨਾਗਰ ॥ ਅਗਹ ਅਗਾਹ ਕਿਛੁ ਮਿਤਿ ਨਹੀ ਪਾਈਐ ਸੋ ਬੂਝੈ ਜਿਸੁ ਕਿਰਪੰਗਨਾ ॥੯॥ ਛਾਤੀ ਸੀਤਲ ਮਨੁ ਤਨੁ ਠੰਢਾ ॥ ਜਨਮ ਮਰਣ ਕੀ ਮਿਟਵੀ ਡੰਝਾ ॥ ਕਰੁ ਗਹਿ ਕਾਢਿ ਲੀਏ ਪ੍ਰਭਿ ਅਪੁਨੈ ਅਮਿਓ ਧਾਰਿ ਦ੍ਰਿਸਟੰਗਨਾ ॥੧੦॥ ਏਕੋ ਏਕੁ ਰਵਿਆ ਸਭ ਠਾਈ ॥ ਤਿਸੁ ਬਿਨੁ ਦੂਜਾ ਕੋਈ ਨਾਹੀ ॥ ਆਦਿ ਮਧਿ ਅੰਤਿ ਪ੍ਰਭੁ ਰਵਿਆ ਤ੍ਰਿਸਨ ਬੁਝੀ ਭਰਮੰਗਨਾ ॥੧੧॥ ਗੁਰੁ ਪਰਮੇਸਰੁ ਗੁਰੁ ਗੋਬਿੰਦੁ ॥ ਗੁਰੁ ਕਰਤਾ ਗੁਰੁ ਸਦ ਬਖਸੰਦੁ ॥ ਗੁਰ ਜਪੁ ਜਾਪਿ ਜਪਤ ਫਲੁ ਪਾਇਆ ਗਿਆਨ ਦੀਪਕੁ ਸੰਤ ਸੰਗਨਾ ॥੧੨॥ {ਪੰਨਾ ੧੦੮੦}

ਪਦ ਅਰਥ :—ਜਤ ਕਤ—ਜਿੱਥੇ ਕਿੱਥੇ, ਜਿਸ ਭੀ ਪਾਸੇ । ਪੇਖਉ—ਪੇਖਉਂ, ਮੈਂ ਵੇਖਦਾ ਹਾਂ । ਸੁਖ ਸਾਗਰ—ਸੁਖਾਂ ਦਾ ਸਮੁੰਦਰ । ਤੋਟਿ—ਘਾਟਾ, ਕਮੀ । ਰਤਨਾਗਰ—{ਰਤਨ-ਆਕਰ} ਰਤਨਾਂ ਦੀ ਖਾਣ । ਅਗਹ—ਅ-ਗਹ, ਜੋ ਪਕੜ ਤੋਂ ਪਰੇ ਹੈ । ਅਗਾਹ—ਅਥਾਹ । ਮਿਤਿ—ਹੱਦ-ਬੰਨਾ, ਮਿਣਤੀ । ਕਿਰਪੰਗਨਾ—ਕਿਰਪਾ ।੯।

ਸੀਤਲ—ਠੰਢੀ । ਡੰਝਾ—ਸੜਨ । ਕਰੁ—ਹੱਥ {ਇਕ-ਵਚਨ} । ਗਹਿ—ਫੜ ਕੇ । ਪ੍ਰਭਿ ਅਪੁਨੈ—ਆਪਣੇ ਪ੍ਰਭੂ ਨੇ । ਅਮਿਓ—ਅੰਮ੍ਰਿਤ । ਦ੍ਰਿਸਟੰਗਨਾ—ਦ੍ਰਿਸ਼ਟੀ । ਅਮਿਓ ਦ੍ਰਿਸਟੰਗਨਾ—ਆਤਮਕ ਜੀਵਨ ਦੇਣ ਵਾਲੀ ਦ੍ਰਿਸ਼ਟੀ ।੧੦।

ਏਕੋ ਏਕੁ—ਸਿਰਫ਼ ਪਰਮਾਤਮਾ ਹੀ ਪਰਮਾਤਮਾ । ਰਵਿਆ—ਵਿਆਪਕ ਹੈ । ਆਦਿ ਮਧਿ ਅੰਤਿ—ਜਗਤ-ਰਚਨਾ ਦੇ ਸ਼ੁਰੂ ਵਿਚ, ਵਿਚਕਾਰ, ਅਖ਼ੀਰ ਵਿਚ । ਤ੍ਰਿਸਨ—ਤ੍ਰਿਸ਼ਨਾ । ਭਰਮੰਗਨਾ—ਭਟਕਣਾ ।੧੧।

ਸਦ—ਸਦਾ । ਗੁਰ ਜਪੁ—ਗੁਰੂ ਦਾ ਦੱਸਿਆ ਨਾਮ ਦਾ ਜਾਪ । ਜਾਪਿ—ਜਪ ਕੇ । ਜਪਤ—ਜਪਦਿਆਂ । ਦੀਪਕੁ—ਦੀਵਾ । ਗਿਆਨ ਦੀਪਕੁ—ਗਿਆਨ ਦਾ ਦੀਵਾ, ਆਤਮਕ ਜੀਵਨ ਦੀ ਸੂਝ ਦਾ ਦੀਵਾ । ਸੰਤ ਸੰਗਨਾ—ਗੁਰੂ ਦੀ ਸੰਗਤਿ, ਸਾਧ ਸੰਗਤਿ ।੧੨।

ਅਰਥ :—ਹੇ ਭਾਈ! ਮੈਂ ਜਿਸ ਭੀ ਪਾਸੇ ਵੇਖਦਾ ਹਾਂ, ਸੁਖਾਂ ਦਾ ਸਮੁੰਦਰ ਪਰਮਾਤਮਾ ਹੀ (ਵੱਸ ਰਿਹਾ ਹੈ) । ਰਤਨਾਂ ਦੀ ਖਾਣ ਉਸ ਪਰਮਾਤਮਾ ਦੇ ਖ਼ਜ਼ਾਨਿਆਂ ਵਿਚ ਕਦੇ ਕਮੀ ਨਹੀਂ ਆਉਂਦੀ । ਹੇ ਭਾਈ! ਉਸ ਪਰਮਾਤਮਾ ਦੀ ਹਸਤੀ ਦਾ ਕੋਈ ਹੱਦ-ਬੰਨਾ ਨਹੀਂ ਲੱਭ ਸਕਦਾ ਜੋ ਹਰੇਕ ਕਿਸਮ ਦੀ ਜਕੜ ਤੋਂ ਪਰੇ ਹੈ ਜਿਸ ਦੀ ਹਾਥ ਨਹੀਂ ਪਾਈ ਜਾ ਸਕਦੀ । ਪਰ ਇਹ ਗੱਲ ਉਹ ਮਨੁੱਖ ਸਮਝਦਾ ਹੈ ਜਿਸ ਉਤੇ ਉਸ ਦੀ ਕਿਰਪਾ ਹੋਵੇ ।੯।

ਹੇ ਭਾਈ! ਆਤਮਕ ਜੀਵਨ ਦੇਣ ਵਾਲੀ ਨਿਗਾਹ ਕਰ ਕੇ ਪਿਆਰੇ ਪ੍ਰਭੂ ਨੇ ਜਿਨ੍ਹਾਂ (ਵਡ-ਭਾਗੀਆਂ) ਨੂੰ (ਉਹਨਾਂ ਦਾ) ਹੱਥ ਫੜ ਕੇ (ਸੰਸਾਰ-ਸਮੁੰਦਰ ਵਿਚੋਂ) ਕੱਢ ਲਿਆ ਹੈ, ਉਹਨਾਂ ਦਾ ਹਿਰਦਾ ਸ਼ਾਂਤ ਹੋ ਗਿਆ ਹੈ, ਉਹਨਾਂ ਦਾ ਮਨ ਉਹਨਾਂ ਦਾ ਤਨ ਸ਼ਾਂਤ ਹੋ ਗਿਆ ਹੈ, ਉਹਨਾਂ ਦੀ ਉਹ ਸੜਨ ਮਿਟ ਗਈ ਹੈ ਜੋ

ਜਨਮ ਮਰਨ ਦੇ ਗੇੜ ਵਿਚ ਪਾਂਦੀ ਹੈ ।੧੦।

ਹੇ ਭਾਈ! (ਗੁਰੂ ਦੀ ਕਿਰਪਾ ਨਾਲ ਜਿਸ ਮਨੁੱਖ ਦੀ ਮਾਇਆ ਦੀ) ਤ੍ਰਿਸ਼ਨਾ ਮੁੱਕ ਜਾਂਦੀ ਹੈ ਭਟਕਣਾ ਮੁੱਕ ਜਾਂਦੀ ਹੈ (ਉਸ ਨੂੰ ਇਹ ਦਿੱਸ ਪੈਂਦਾ ਹੈ ਕਿ) ਪਰਮਾਤਮਾ ਹੀ ਪਰਮਾਤਮਾ ਸਭਨੀਂ ਥਾਈਂ ਵੱਸ ਰਿਹਾ ਹੈ, ਉਸ ਤੋਂ ਬਿਨਾ (ਉਸ ਵਰਗਾ) ਹੋਰ ਕੋਈ ਨਹੀਂ ਹੈ, ਉਹ ਪਰਮਾਤਮਾ ਹੀ ਜਗਤ-ਰਚਨਾ ਦੇ ਸ਼ੁਰੂ ਵਿਚ ਸੀ, ਉਹ ਪਰਮਾਤਮਾ ਹੀ ਹੁਣ ਮੌਜੂਦ ਹੈ, ਉਹ ਪਰਮਾਤਮਾ ਹੀ ਜਗਤ ਦੇ ਅੰਤ ਵਿਚ ਹੋਵੇਗਾ ।੧੧।

ਹੇ ਭਾਈ! ਸਾਧ ਸੰਗਤਿ ਵਿਚ ਟਿਕ ਕੇ ਗੁਰੂ ਦਾ ਦੱਸਿਆ ਹਰਿ-ਨਾਮ ਦਾ ਜਾਪ ਜਪਦਿਆਂ ਜਿਸ ਮਨੁੱਖ ਦੇ ਅੰਦਰ ਆਤਮਕ ਜੀਵਨ ਦੀ ਸੂਝ ਦਾ ਦੀਵਾ ਜਗ ਪੈਂਦਾ ਹੈ ਜਿਸ ਨੂੰ ਇਹ ਫਲ ਪ੍ਰਾਪਤ ਹੋ ਜਾਂਦਾ ਹੈ (ਉਸ ਨੂੰ ਇਹ ਦਿੱਸ ਪੈਂਦਾ ਹੈ ਕਿ) ਗੁਰੂ ਪਰਮੇਸਰ (ਦਾ ਰੂਪ) ਹੈ ਗੁਰੂ ਗੋਬਿੰਦ (ਦਾ ਰੂਪ) ਹੈ, ਗੁਰੂ ਕਰਤਾਰ (ਦਾ ਰੂਪ ਹੈ) ਗੁਰੂ ਸਦਾ ਬਖ਼ਸ਼ਸ਼ਾਂ ਕਰਨ ਵਾਲਾ ਹੈ ।੧੨।

ਜੋ ਪੇਖਾ ਸੋ ਸਭੁ ਕਿਛੁ ਸੁਆਮੀ ॥ ਜੋ ਸੁਨਣਾ ਸੋ ਪ੍ਰਭ ਕੀ ਬਾਨੀ ॥ ਜੋ ਕੀਨੋ ਸੋ ਤੁਮਹਿ ਕਰਾਇਓ ਸਰਣਿ ਸਹਾਈ ਸੰਤਹ ਤਨਾ ॥੧੩॥ ਜਾਚਕੁ ਜਾਚੈ ਤੁਮਹਿ ਅਰਾਧੈ ॥ ਪਤਿਤ ਪਾਵਨ ਪੂਰਨ ਪ੍ਰਭ ਸਾਧੈ ॥ ਏਕੋ ਦਾਨੁ ਸਰਬ ਸੁਖ ਗੁਣ ਨਿਧਿ ਆਨ ਮੰਗਨ ਨਿਹਕਿੰਚਨਾ ॥੧੪॥ ਕਾਇਆ ਪਾਤ੍ਰੁ ਪ੍ਰਭੁ ਕਰਣੈਹਾਰਾ ॥ ਲਗੀ ਲਾਗਿ ਸੰਤ ਸੰਗਾਰਾ ॥ ਨਿਰਮਲ ਸੋਇ ਬਣੀ ਹਰਿ ਬਾਣੀ ਮਨੁ ਨਾਮਿ ਮਜੀਠੈ ਰੰਗਨਾ ॥੧੫॥ ਸੋਲਹ ਕਲਾ ਸੰਪੂਰਨ ਫਲਿਆ ॥ ਅਨਤ ਕਲਾ ਹੋਇ ਠਾਕੁਰੁ ਚੜਿਆ ॥ ਅਨਦ ਬਿਨੋਦ ਹਰਿ ਨਾਮਿ ਸੁਖ ਨਾਨਕ ਅੰਮ੍ਰਿਤ ਰਸੁ ਹਰਿ ਭੁੰਚਨਾ ॥੧੬॥੨॥੯॥ {ਪੰਨਾ ੧੦੮੦-੧੦੮੧}

ਪਦ ਅਰਥ :—ਪੇਖਾ—ਪੇਖਾਂ, ਮੈਂ ਵੇਖਦਾ ਹਾਂ । ਸਭੁ ਕਿਛੁ—ਹਰੇਕ ਚੀਜ਼ । ਬਾਨੀ—ਬੋਲ । ਕੀਨੋ—ਕੀਤਾ । ਤੁਮਹਿ—ਤੂੰ ਹੀ । ਸਹਾਈ—ਸਹਾਇਤਾ ਕਰਨ ਵਾਲਾ । ਸੰਤਹ ਤਨਾ—ਸੰਤਾਂ ਦਾ ਆਸਰਾ ।੧੩।

ਜਾਚਕੁ—ਮੰਗਤਾ । ਜਾਚੈ—ਮੰਗਦਾ ਹੈ {ਇਕ-ਵਚਨ} । ਅਰਾਧੈ—ਆਰਾਧਦਾ ਹੈ । ਪਤਿਤ ਪਾਵਨ—ਹੇ ਪਤਿਤਾਂ ਨੂੰ ਪਵਿੱਤਰ ਕਰਨ ਵਾਲੇ! ਸਾਧੈ—(ਤੈਨੂੰ) ਸਾਧ ਨੂੰ । ਸਰਬ ਸੁਖ—ਹੇ ਸਾਰੇ ਸੁਖ ਦੇਣ ਵਾਲੇ! ਗੁਣ ਨਿਧਿ—ਹੇ ਗੁਣਾਂ ਦੇ ਖ਼ਜ਼ਾਨੇ! ਆਨ—(ਨਾਮ ਤੋਂ ਬਿਨਾ) ਹੋਰ । ਨਿਹ ਕਿੰਚਨਾ—ਕੁਝ ਭੀ ਨਹੀਂ, ਨਿਕੰਮਾ ।੧੪।

ਪਾਤ੍ਰੁ—ਯੋਗ ਭਾਂਡਾ । ਕਾਇਆ—ਸਰੀਰ । ਲਾਗਿ—ਛੁਹ । ਸੰਗਾਰਾ—ਸੰਗਤਿ ਵਿਚ । ਸੋਇ—ਸੋਭਾ । ਹਰਿ ਬਾਣੀ—ਪ੍ਰਭੂ ਦੀ ਸਿਫ਼ਤਿ-ਸਾਲਾਹ ਦੀ ਬਾਣੀ ਦਾ ਸਦਕਾ । ਨਾਮਿ—ਨਾਮ ਵਿਚ । ਮਜੀਠੈ—ਮਜੀਠ (ਦੇ ਪੱਕੇ ਰੰਗ) ਵਿਚ ।੧੫।

ਸੋਲਹ ਕਲਾ—ਸੋਲਾਂ ਕਲਾਂ ਵਾਲਾ, ਪੂਰਨ ਤੌਰ ਤੇ । ਅਨਤ—ਅਨੰਤ । ਅਨਤ ਕਲਾ—ਬੇਅੰਤ ਤਾਕਤਾਂ ਵਾਲਾ । ਚੜਿਆ—(ਸੂਰਜ ਵਾਂਗ ਹਿਰਦੇ-ਆਕਾਸ਼ ਵਿਚ) ਪਰਗਟ ਹੋਇਆ । ਅਨਦ ਬਿਨੋਦ—ਆਨੰਦ ਖ਼ੁਸ਼ੀਆਂ । ਅੰਮ੍ਰਿਤ ਰਸੁ—ਆਤਮਕ ਜੀਵਨ ਦੇਣ ਵਾਲਾ ਨਾਮ-ਰਸ । ਭੁੰਚਨਾ—ਭੋਗਦਾ ਹੈ, ਮਾਣਦਾ ਹੈ ।੧੬।

ਅਰਥ :—ਹੇ ਭਾਈ! (ਸੰਸਾਰ ਵਿਚ) ਮੈਂ ਜੋ ਕੁਝ ਵੇਖਦਾ ਹਾਂ ਸਭ ਕੁਝ ਮਾਲਕ-ਪ੍ਰਭੂ (ਦਾ ਹੀ ਰੂਪ) ਹੈ, ਜੋ ਕੁਝ ਮੈਂ ਸੁਣਦਾ ਹਾਂ, ਪ੍ਰਭੂ ਹੀ ਹਰ ਥਾਂ ਆਪ ਬੋਲ ਰਿਹਾ ਹੈ । ਹੇ ਪ੍ਰਭੂ! ਜੋ ਕੁਝ ਜੀਵ ਕਰਦੇ ਹਨ, ਉਹ ਤੂੰ ਹੀ ਕਰਾ ਰਿਹਾ ਹੈਂ । ਤੂੰ ਸਰਨ-ਪਿਆਂ ਦੀ ਸਹਾਇਤਾ ਕਰਨ ਵਾਲਾ ਹੈਂ, ਤੂੰ (ਆਪਣੇ) ਸੰਤਾਂ ਦਾ ਸਹਾਰਾ ਹੈਂ ।੧੩।

ਹੇ ਪਤਿਤ-ਪਾਵਨ ਪ੍ਰਭੂ! ਹੇ ਪੂਰਨ ਸਾਧ ਪ੍ਰਭੂ! (ਤੇਰੇ ਦਰ ਦਾ) ਮੰਗਤਾ (ਦਾਸ) ਤੈਥੋਂ ਹੀ ਮੰਗਦਾ ਹੈ ਤੈਨੂੰ ਹੀ ਆਰਾਧਦਾ ਹੈ । ਹੇ ਸਾਰੇ ਸੁਖ ਦੇਣ ਵਾਲੇ ਪ੍ਰਭੂ! ਗੁਣਾਂ ਦੇ ਖ਼ਜ਼ਾਨੇ ਪ੍ਰਭੂ! (ਤੇਰਾ ਦਾਸ ਤੈਥੋਂ) ਸਿਰਫ਼ (ਤੇਰੇ ਨਾਮ ਦਾ) ਦਾਨ (ਹੀ ਮੰਗਦਾ ਹੈ), ਹੋਰ ਮੰਗਾਂ ਮੰਗਣੀਆਂ ਨਿਕੰਮੀਆਂ ਹਨ ।੧੪।

ਹੇ ਭਾਈ! ਜਿਸ ਮਨੁੱਖ ਨੂੰ ਸਾਧ ਸੰਗਤਿ ਵਿਚ ਛੁਹ ਲੱਗ ਜਾਂਦੀ ਹੈ, ਸਮਰੱਥ ਪ੍ਰਭੂ ਉਸ ਦੇ ਸਰੀਰ ਨੂੰ (ਨਾਮ ਦੀ ਦਾਤਿ ਹਾਸਲ ਕਰਨ ਲਈ) ਯੋਗ ਭਾਂਡਾ ਬਣਾ ਦੇਂਦਾ ਹੈ । ਪਰਮਾਤਮਾ ਦੀ ਸਿਫ਼ਤਿ-ਸਾਲਾਹ ਵਾਲੀ ਬਾਣੀ ਦੀ ਰਾਹੀਂ ਉਸ ਮਨੁੱਖ ਦੀ ਚੰਗੀ ਸੋਭਾ ਬਣ ਜਾਂਦੀ ਹੈ, ਉਸ ਦਾ ਮਨ ਮਜੀਠ (ਦੇ ਪੱਕੇ ਰੰਗ ਵਰਗੇ) ਨਾਮ-ਰੰਗ ਵਿਚ ਰੰਗਿਆ ਜਾਂਦਾ ਹੈ ।੧੫।

ਹੇ ਭਾਈ! ਜਿਸ ਮਨੁੱਖ ਦੇ ਹਿਰਦੇ-ਆਕਾਸ਼ ਵਿਚ ਬੇਅੰਤ ਤਾਕਤਾਂ ਵਾਲਾ ਪ੍ਰਭੂ-ਸੂਰਜ ਚੜ੍ਹ ਪੈਂਦਾ ਹੈ (ਪ੍ਰਭੂ ਪਰਗਟ ਹੋ ਜਾਂਦਾ ਹੈ), ਉਸ ਦਾ ਜੀਵਨ ਮੁਕੰਮਲ ਤੌਰ ਤੇ ਸਫਲ ਹੋ ਜਾਂਦਾ ਹੈ । ਹੇ ਨਾਨਕ! ਹਰਿ-ਨਾਮ ਦੀ ਬਰਕਤਿ ਨਾਲ ਉਸ ਮਨੁੱਖ ਦੇ ਅੰਦਰ ਆਨੰਦ ਖ਼ੁਸ਼ੀਆਂ ਤੇ ਸੁਖ ਬਣੇ ਰਹਿੰਦੇ ਹਨ, ਉਹ ਮਨੁੱਖ ਸਦਾ ਆਤਮਕ ਜੀਵਨ ਦੇਣ ਵਾਲਾ ਹਰਿ-ਨਾਮ-ਰਸ ਮਾਣਦਾ ਰਹਿੰਦਾ ਹੈ ।੧੬।੨।੯।

ਮਾਰੂ ਸੋਲਹੇ ਮਹਲਾ ੫
ੴ ਸਤਿਗੁਰ ਪ੍ਰਸਾਦਿ ॥ ਤੂ ਸਾਹਿਬੁ ਹਉ ਸੇਵਕੁ ਕੀਤਾ ॥ ਜੀਉ ਪਿੰਡੁ ਸਭੁ ਤੇਰਾ ਦੀਤਾ ॥ ਕਰਨ ਕਰਾਵਨ ਸਭੁ ਤੂਹੈ ਤੂਹੈ ਹੈ ਨਾਹੀ ਕਿਛੁ ਅਸਾੜਾ ॥੧॥ ਤੁਮਹਿ ਪਠਾਏ ਤਾ ਜਗ ਮਹਿ ਆਏ ॥ ਜੋ ਤੁਧੁ ਭਾਣਾ ਸੇ ਕਰਮ ਕਮਾਏ ॥ ਤੁਝ ਤੇ ਬਾਹਰਿ ਕਿਛੂ ਨ ਹੋਆ ਤਾ ਭੀ ਨਾਹੀ ਕਿਛੁ ਕਾੜਾ ॥੨॥ ਊਹਾ ਹੁਕਮੁ ਤੁਮਾਰਾ ਸੁਣੀਐ ॥ ਈਹਾ ਹਰਿ ਜਸੁ ਤੇਰਾ ਭਣੀਐ ॥ ਆਪੇ ਲੇਖ ਅਲੇਖੈ ਆਪੇ ਤੁਮ ਸਿਉ ਨਾਹੀ ਕਿਛੁ ਝਾੜਾ ॥੩॥ ਤੂ ਪਿਤਾ ਸਭਿ ਬਾਰਿਕ ਥਾਰੇ ॥ ਜਿਉ ਖੇਲਾਵਹਿ ਤਿਉ ਖੇਲਣਹਾਰੇ ॥ ਉਝੜ ਮਾਰਗੁ ਸਭੁ ਤੁਮ ਹੀ ਕੀਨਾ ਚਲੈ ਨਾਹੀ ਕੋ ਵੇਪਾੜਾ ॥੪॥ {ਪੰਨਾ ੧੦੮੧}

ਪਦ ਅਰਥ :—ਹਉ—ਹਉਂ, ਮੈਂ । ਜੀਉ—ਜਿੰਦ । ਪਿੰਡੁ—ਸਰੀਰ । ਸਭੁ—ਹਰ ਥਾਂ । ਅਸਾੜਾ—ਸਾਡਾ ।੧।

ਤੁਮਹਿ—ਤੂੰ (ਆਪ) ਹੀ । ਪਠਾਏ—ਭੇਜੇ, ਘੱਲੇ । ਤੁਧੁ ਭਾਣਾ—ਤੈਨੂੰ ਚੰਗਾ ਲੱਗਾ । ਸੇ—ਉਹ {ਬਹੁ-ਵਚਨ} । ਤੇ—ਤੋਂ । ਤਾ ਭੀ—ਇਤਨਾ ਖਲਜਗਨ

ਹੁੰਦਿਆਂ ਭੀ । ਕਾੜਾ—ਚਿੰਤਾ-ਫ਼ਿਕਰ ।੨।

ਊਹਾ—ਉਥੇ, ਉਸ ਲੋਕ ਵਿਚ, ਪਰਲੋਕ ਵਿਚ । ਸੁਣੀਐ—ਸੁਣਿਆ ਜਾਂਦਾ ਹੈ । ਈਹਾ—ਇਥੇ, ਇਸ ਲੋਕ ਵਿਚ । ਭਣੀਐ—ਉਚਾਰਿਆ ਜਾਂਦਾ ਹੈ । ਆਪੇ ਲੇਖ—ਤੂੰ ਆਪ ਹੀ ਲੇਖੇ ਲਿਖਣ ਵਾਲਾ । ਅਲੇਖੈ—(ਤੂੰ) ਲੇਖੇ ਤੋਂ ਬਾਹਰ । ਸਿਉ—ਨਾਲ । ਝਾੜਾ—ਝੇੜਾ, ਝਗੜਾ ।੩।

ਸਭਿ—ਸਾਰੇ । ਥਾਰੇ—ਤੇਰੇ । ਉਝੜੁ—ਔਝੜ, ਕੁਰਾਹ । ਮਾਰਗੁ—(ਸਿੱਧਾ) ਰਸਤਾ । ਵੇਪਾੜਾ—ਉਲਟੇ ਰਹੇ । ਕੋ—ਕੋਈ ਮਨੁੱਖ ।੪।

ਅਰਥ :—ਹੇ ਪ੍ਰਭੂ! ਤੂੰ (ਮੇਰਾ) ਮਾਲਕ ਹੈਂ, ਮੈਂ ਤੇਰਾ (ਪੈਦਾ) ਕੀਤਾ ਹੋਇਆ ਸੇਵਕ ਹਾਂ । ਇਹ ਜਿੰਦ ਇਹ ਸਰੀਰ ਸਭ ਕੁਝ ਤੇਰਾ ਦਿੱਤਾ ਹੋਇਆ ਹੈ । ਹੇ ਪ੍ਰਭੂ! (ਜਗਤ ਵਿਚ) ਸਭ ਕੁਝ ਕਰਨ ਵਾਲਾ ਤੂੰ ਹੀ ਹੈਂ (ਜੀਵਾਂ ਪਾਸੋਂ) ਕਰਾਣ ਵਾਲਾ ਭੀ ਤੂੰ ਹੀ ਹੈਂ । ਅਸਾਂ ਜੀਵਾਂ ਦਾ ਕੋਈ ਜ਼ੋਰ ਨਹੀਂ ਚੱਲ ਸਕਦਾ ।੧।

ਹੇ ਪ੍ਰਭੂ! ਤੂੰ ਹੀ (ਜੀਵਾਂ ਨੂੰ) ਭੇਜਦਾ ਹੈਂ, ਤਾਂ (ਇਹ) ਜਗਤ ਵਿਚ ਆਉਂਦੇ ਹਨ । ਜੋ ਤੈਨੂੰ ਚੰਗਾ ਲੱਗਦਾ ਹੈ, ਉਸੇ ਤਰ੍ਹਾਂ ਦੇ ਕਰਮ ਜੀਵ ਕਰਦੇ ਹਨ । ਹੇ ਪ੍ਰਭੂ! ਤੇਰੇ ਹੁਕਮ ਤੋਂ ਬਾਹਰ ਕੁਝ ਭੀ ਨਹੀਂ ਹੋ ਸਕਦਾ । ਇਤਨਾ ਖਲਜਗਨ ਹੁੰਦਿਆਂ ਭੀ ਤੈਨੂੰ ਕੋਈ ਚਿੰਤਾ-ਫ਼ਿਕਰ ਨਹੀਂ ਹੈ ।੨।

ਹੇ ਪ੍ਰਭੂ! ਪਰਲੋਕ ਵਿਚ ਭੀ ਤੇਰਾ (ਹੀ) ਹੁਕਮ (ਚੱਲ ਰਿਹਾ) ਸੁਣਿਆ ਜਾ ਰਿਹਾ ਹੈ, ਇਸ ਲੋਕ ਵਿਚ ਭੀ ਤੇਰੀ ਹੀ ਸਿਫ਼ਤਿ-ਸਾਲਾਹ ਉਚਾਰੀ ਜਾ ਰਹੀ ਹੈ । ਹੇ ਪ੍ਰਭੂ! ਤੂੰ ਆਪ ਹੀ (ਜੀਵਾਂ ਦੇ ਕੀਤੇ ਕਰਮਾਂ ਦੇ) ਲੇਖੇ (ਲਿਖਣ ਵਾਲਾ ਹੈਂ), ਤੂੰ ਆਪ ਹੀ ਲੇਖੇ ਤੋਂ ਬਾਹਰ ਹੈਂ । ਤੇਰੇ ਨਾਲ (ਜੀਵ) ਕੋਈ ਝਗੜਾ ਨਹੀਂ ਪਾ ਸਕਦੇ ।੩।

ਹੇ ਪ੍ਰਭੂ! ਤੂੰ (ਸਭ ਜੀਵਾਂ ਦਾ) ਪਿਤਾ ਹੈਂ, ਸਾਰੇ (ਜੀਵ) ਤੇਰੇ ਬੱਚੇ ਹਨ । ਜਿਵੇਂ ਤੂੰ (ਇਹਨਾਂ ਬੱਚਿਆਂ ਨੂੰ) ਖਿਡਾਂਦਾ ਹੈਂ, ਤਿਵੇਂ ਹੀ ਇਹ ਖੇਡ ਸਕਦੇ ਹਨ । ਹੇ ਪ੍ਰਭੂ! ਗ਼ਲਤ ਰਸਤਾ ਤੇ ਠੀਕ ਰਸਤਾ ਸਭ ਕੁਝ ਤੂੰ ਆਪ ਹੀ ਬਣਾਇਆ ਹੋਇਆ ਹੈ । ਕੋਈ ਭੀ ਜੀਵ (ਆਪਣੇ ਆਪ) ਗ਼ਲਤ ਰਸਤੇ ਉੱਤੇ ਤੁਰ ਨਹੀਂ ਸਕਦਾ ।੪।

ਇਕਿ ਬੈਸਾਇ ਰਖੇ ਗ੍ਰਿਹ ਅੰਤਰਿ ॥ ਇਕਿ ਪਠਾਏ ਦੇਸ ਦਿਸੰਤਰਿ ॥ ਇਕ ਹੀ ਕਉ ਘਾਸੁ ਇਕ ਹੀ ਕਉ ਰਾਜਾ ਇਨ ਮਹਿ ਕਹੀਐ ਕਿਆ ਕੂੜਾ ॥੫॥ ਕਵਨ ਸੁ ਮੁਕਤੀ ਕਵਨ ਸੁ ਨਰਕਾ ॥ ਕਵਨੁ ਸੈਸਾਰੀ ਕਵਨੁ ਸੁ ਭਗਤਾ ॥ ਕਵਨ ਸੁ ਦਾਨਾ ਕਵਨੁ ਸੁ ਹੋਛਾ ਕਵਨ ਸੁ ਸੁਰਤਾ ਕਵਨੁ ਜੜਾ ॥੬॥ ਹੁਕਮੇ ਮੁਕਤੀ ਹੁਕਮੇ ਨਰਕਾ ॥ ਹੁਕਮਿ ਸੈਸਾਰੀ ਹੁਕਮੇ ਭਗਤਾ ॥ ਹੁਕਮੇ ਹੋਛਾ ਹੁਕਮੇ ਦਾਨਾ ਦੂਜਾ ਨਾਹੀ ਅਵਰੁ ਧੜਾ ॥੭॥ ਸਾਗਰੁ ਕੀਨਾ ਅਤਿ ਤੁਮ ਭਾਰਾ ॥ ਇਕਿ ਖੜੇ ਰਸਾਤਲਿ ਕਰਿ ਮਨਮੁਖ ਗਾਵਾਰਾ ॥ ਇਕਨਾ ਪਾਰਿ ਲੰਘਾਵਹਿ ਆਪੇ ਸਤਿਗੁਰੁ ਜਿਨ ਕਾ ਸਚੁ ਬੇੜਾ ॥੮॥ {ਪੰਨਾ ੧੦੮੧}

ਪਦ ਅਰਥ :—ਇਕਿ—{ਲਫ਼ਜ਼ 'ਇਕ' ਤੋਂ ਬਹੁ-ਵਚਨ} ਕਈ । ਗ੍ਰਿਹ—ਘਰ । ਪਠਾਏ—ਭੇਜੇ । ਦੇਸ ਦਿਸੰਤਰਿ—ਦੇਸ ਦੇਸ ਅੰਤਰਿ, ਹੋਰ ਹੋਰ ਦੇਸਾਂ ਵਿਚ । ਇਕ ਹੀ ਕਉ—ਕਈਆਂ ਨੂੰ । ਇਨ ਮਹਿ—ਤੇਰੇ ਇਹਨਾਂ ਕੰਮਾਂ ਵਿਚ । ਕੂੜਾ—ਝੂਠਾ, ਗ਼ਲਤ । ਕਿਆ ਕਹੀਐ—ਕੀਹ ਕਿਹਾ ਜਾ ਸਕਦਾ ਹੈ? ਨਹੀਂ ਕਿਹਾ ਜਾ ਸਕਦਾ ।੫।

ਕਵਨ—ਕੌਣ? ਕਿਹੜੀ? ਸੈਸਾਰੀ—ਗ੍ਰਿਹਸਤੀ । ਦਾਨਾ—ਸਿਆਣਾ । ਹੋਛਾ—ਮੂਰਖ, ਕਾਹਲੇ ਸੁਭਾਉ ਵਾਲਾ । ਸੁਰਤਾ—ਉੱਚੀ ਸੁਰਤਿ ਵਾਲਾ, ਉੱਚੀ ਸੂਝ ਵਾਲਾ । ਜੜਾ—ਜੜ੍ਹ, ਮੂਰਖ ।੬।

ਹੁਕਮੇ—(ਤੇਰੇ) ਹੁਕਮ ਵਿਚ ਹੀ । ਹੁਕਮਿ—ਹੁਕਮ ਅਨੁਸਾਰ । ਧੜਾ—(ਤੇਰੇ ਮੁਕਾਬਲੇ ਤੇ) ਬਲ ਵਾਲਾ ।੭।

ਸਾਗਰੁ—ਸਮੁੰਦਰ । ਅਤਿ ਭਾਰਾ—ਬਹੁਤ ਵੱਡਾ । ਖੜੇ—ਪਾ ਦਿੱਤੇ, ਭੇਜ ਦਿੱਤੇ । ਰਸਾਤਲਿ—ਨਰਕ ਵਿਚ । ਕਰਿ—ਕਰ ਕੇ, ਬਣਾ ਕੇ । ਮਨਮੁਖ—ਮਨ ਦੇ ਮੁਰੀਦ । ਗਾਵਾਰਾ—ਮੂਰਖ । ਲੰਘਾਵਹਿ—ਤੂੰ ਲੰਘਾਂਦਾ ਹੈਂ । ਸਚੁ—ਸਦਾ ਕਾਇਮ ਰਹਿਣ ਵਾਲਾ । ਬੇੜਾ—ਜਹਾਜ਼ ।੮।

ਅਰਥ :—ਹੇ ਪ੍ਰਭੂ! ਕਈ ਜੀਵ ਐਸੇ ਹਨ ਜਿਨ੍ਹਾਂ ਨੂੰ ਤੂੰ ਘਰ ਵਿਚ ਬਿਠਾਲ ਰੱਖਿਆ ਹੈ । ਕਈ ਐਸੇ ਹਨ ਜਿਨ੍ਹਾਂ ਨੂੰ ਤੂੰ ਹੋਰ ਹੋਰ ਦੇਸਾਂ ਵਿਚ ਭੇਜਦਾ ਹੈਂ । ਕਈ ਜੀਵਾਂ ਨੂੰ ਤੂੰ ਘਾਹ ਖੋਤਰਨ ਤੇ ਲਾ ਦਿੱਤਾ ਹੈ, ਕਈਆਂ ਨੂੰ ਤੂੰ ਰਾਜੇ ਬਣਾ ਦਿੱਤਾ ਹੈ । ਤੇਰੇ ਇਹਨਾਂ ਕੰਮਾਂ ਵਿਚੋਂ ਕਿਸੇ ਕੰਮ ਨੂੰ ਗ਼ਲਤ ਨਹੀਂ ਆਖਿਆ ਜਾ ਸਕਦਾ ।੫।

ਹੇ ਪ੍ਰਭੂ! ਤੇਰੇ ਹੁਕਮ ਤੋਂ ਬਾਹਰ ਨਾਹ ਕੋਈ ਮੁਕਤੀ ਹੈ ਨਾਹ ਕੋਈ ਨਰਕ ਹੈ । ਤੇਰੇ ਹੁਕਮ ਤੋਂ ਬਿਨਾ ਨਾਹ ਕੋਈ ਗ੍ਰਿਹਸਤੀ ਹੈ ਨਾਹ ਕੋਈ ਭਗਤ ਬਣ ਸਕਦਾ ਹੈ । ਨਾਹ ਕੋਈ ਵੱਡੇ ਜਿਗਰੇ ਵਾਲਾ ਹੈ ਨਾਹ ਕੋਈ ਹੋਛੇ ਸੁਭਾਉ ਵਾਲਾ ਹੈ । ਤੇਰੇ ਹੁਕਮ ਤੋਂ ਬਿਨਾ ਨਾਹ ਕੋਈ ਉੱਚੀ ਸੂਝ ਵਾਲਾ ਹੈ ਤੇ ਨਾਹ ਕੋਈ ਮੂਰਖ ਹੈ ।੬।

ਹੇ ਪ੍ਰਭੂ! ਤੇਰੇ ਹੀ ਹੁਕਮ ਵਿਚ (ਕਿਸੇ ਨੂੰ) ਮੁਕਤੀ (ਮਿਲਦੀ) ਹੈ, ਤੇਰੇ ਹੀ ਹੁਕਮ ਵਿਚ (ਕਿਸੇ ਨੂੰ) ਨਰਕ (ਮਿਲਦਾ) ਹੈ । ਤੇਰੇ ਹੀ ਹੁਕਮ ਵਿਚ ਕੋਈ ਗ੍ਰਿਹਸਤੀ ਹੈ ਤੇ ਕੋਈ ਭਗਤ ਹੈ । ਹੇ ਪ੍ਰਭੂ! ਤੇਰੇ ਹੀ ਹੁਕਮ ਵਿਚ ਕੋਈ ਕਾਹਲੇ ਸੁਭਾਉ ਵਾਲਾ ਹੈ ਤੇ ਕੋਈ ਗੰਭੀਰ ਸੁਭਾਉ ਵਾਲਾ ਹੈ । ਤੇਰੇ ਟਾਕਰੇ ਤੇ ਹੋਰ ਕੋਈ ਧੜਾ ਹੈ ਹੀ ਨਹੀਂ ।੭।

ਹੇ ਪ੍ਰਭੂ! ਇਹ ਬੇਅੰਤ ਵੱਡਾ ਸੰਸਾਰ-ਸਮੁੰਦਰ ਤੂੰ ਆਪ ਹੀ ਬਣਾਇਆ ਹੈ । (ਇਥੇ) ਕਈ ਜੀਵਾਂ ਨੂੰ ਮਨ ਦੇ ਮੁਰੀਦ-ਮੂਰਖ ਬਣਾ ਕੇ ਤੂੰ ਆਪ ਹੀ ਨਰਕ ਵਿਚ ਪਾਂਦਾ ਹੈਂ । ਕਈ ਜੀਵਾਂ ਨੂੰ ਤੂੰ ਆਪ ਹੀ (ਇਸ ਸੰਸਾਰ-ਸਮੁੰਦਰ ਤੋਂ) ਪਾਰ ਲੰਘਾ ਲੈਂਦਾ ਹੈਂ । ਜਿਨ੍ਹਾਂ ਵਾਸਤੇ ਤੂੰ ਗੁਰੂ ਨੂੰ ਸਦਾ ਕਾਇਮ ਰਹਿਣ ਵਾਲਾ ਜਹਾਜ਼ ਬਣਾ ਦੇਂਦਾ ਹੈਂ ।੮।

ਕਉਤਕੁ ਕਾਲੁ ਇਹੁ ਹੁਕਮਿ ਪਠਾਇਆ ॥ ਜੀਅ ਜੰਤ ਓਪਾਇ ਸਮਾਇਆ ॥ ਵੇਖੈ ਵਿਗਸੈ ਸਭਿ ਰੰਗ ਮਾਣੇ ਰਚਨੁ ਕੀਨਾ ਇਕੁ ਆਖਾੜਾ ॥੯॥ ਵਡਾ ਸਾਹਿਬੁ ਵਡੀ ਨਾਈ ॥ ਵਡ ਦਾਤਾਰੁ ਵਡੀ ਜਿਸੁ ਜਾਈ ॥ ਅਗਮ ਅਗੋਚਰੁ ਬੇਅੰਤ ਅਤੋਲਾ ਹੈ ਨਾਹੀ ਕਿਛੁ ਆਹਾੜਾ ॥੧੦॥ ਕੀਮਤਿ ਕੋਇ ਨ ਜਾਣੈ ਦੂਜਾ ॥ ਆਪੇ ਆਪਿ ਨਿਰੰਜਨ ਪੂਜਾ ॥ ਆਪਿ ਸੁ ਗਿਆਨੀ ਆਪਿ ਧਿਆਨੀ ਆਪਿ ਸਤਵੰਤਾ ਅਤਿ ਗਾੜਾ ॥੧੧॥ ਕੇਤੜਿਆ ਦਿਨ ਗੁਪਤੁ ਕਹਾਇਆ ॥ ਕੇਤੜਿਆ ਦਿਨ ਸੁੰਨਿ ਸਮਾਇਆ ॥ ਕੇਤੜਿਆ ਦਿਨ ਧੁੰਧੂਕਾਰਾ ਆਪੇ ਕਰਤਾ ਪਰਗਟੜਾ ॥੧੨॥ {ਪੰਨਾ ੧੦੮੧}

ਪਦ ਅਰਥ :—ਕਉਤਕੁ—ਖੇਲ, ਤਮਾਸ਼ਾ । ਕਾਲੁ—ਮੌਤ । ਹੁਕਮਿ—ਹੁਕਮ ਵਿਚ । ਪਠਾਇਆ—ਭੇਜਿਆ । ਓਪਾਇ—ਪੈਦਾ ਕਰ ਕੇ । ਸਮਾਇਆ—ਲੀਨ ਕਰ ਦੇਂਦਾ ਹੈ, ਮੁਕਾ ਦੇਂਦਾ ਹੈ । ਵਿਗਸੈ—ਖ਼ੁਸ਼ ਹੁੰਦਾ ਹੈ । ਸਭਿ—ਸਾਰੇ । ਮਾਣੇ—ਮਾਣਦਾ ਹੈ । ਰਚਨੁ—ਜਗਤ-ਰਚਨਾ । ਆਖਾੜਾ—ਅਖਾੜਾ, ਪਿੜ ।੯।

ਨਾਈ—ਵਡਿਆਈ । ਜਾਈ—ਥਾਂ । ਅਗਮ—ਅਪਹੁੰਚ । ਅਗੋਚਰੁ—{ਅ-ਗੋ-ਚਰੁ} ਇੰਦ੍ਰਿਆਂ ਦੀ ਪਹੁੰਚ ਤੋਂ ਪਰੇ । ਆਹਾੜਾ—ਮਾਪ, ਤੋਲ ।੧੦।

ਆਪੇ—ਆਪ ਹੀ । ਨਿਰੰਜਨ—{ਨਿਰ-ਅੰਜਨ} (ਮਾਇਆ ਦੇ ਮੋਹ ਦੀ) ਕਾਲਖ ਤੋਂ ਰਹਿਤ । ਪੂਜਾ—ਪੁੱਜਦਾ ਹੈ, ਅੱਪੜਦਾ ਹੈ, ਬਰਾਬਰ ਦਾ ਹੈ । ਗਿਆਨੀ—ਡੂੰਘੀ ਸਾਂਝ ਪਾਣ ਵਾਲਾ । ਧਿਆਨੀ—ਸੁਰਤਿ ਜੋੜਨ ਵਾਲਾ । ਗਾੜਾ ਸਤਵੰਤਾ—ਬਹੁਤ ਉੱਚੇ ਆਚਰਨ ਵਾਲਾ ।੧੧।

ਕੇਤੜਿਆ ਦਿਨ—ਅਨੇਕਾਂ ਦਿਨ, ਢੇਰ ਸਮਾ । ਗੁਪਤੁ—ਲੁਕਿਆ ਹੋਇਆ । ਸੁੰਨਿ—ਸੁੰਞ ਵਿਚ, ਅਫੁਰ ਹਾਲਤ ਵਿਚ, ਉਸ ਹਾਲਤ ਵਿਚ ਜਿਥੇ ਕੋਈ ਫੁਰਨਾ ਨਹੀਂ ਉੱਠਦਾ । ਧੁੰਧੂਕਾਰਾ—ਹਨੇਰਾ ਹੀ ਹਨੇਰਾ, ਉਹ ਹਾਲਤ ਜੋ ਜੀਵਾਂ ਦੀ ਸਮਝ ਤੋਂ ਪਰੇ ਹੈ । ਕਰਤਾ—ਕਰਦਾ ਹੈ ।੧੨।

ਅਰਥ :—ਹੇ ਭਾਈ! ਇਹ ਕਾਲ (ਮੌਤ, ਜੋ ਪ੍ਰਭੂ ਦਾ ਬਣਾਇਆ ਇਕ) ਖਿਡੌਣਾ (ਹੀ ਹੈ, ਉਸ ਨੇ ਆਪਣੇ) ਹੁਕਮ ਅਨੁਸਾਰ (ਜਗਤ ਵਿਚ) ਭੇਜਿਆ ਹੈ । (ਪ੍ਰਭੂ ਆਪ ਹੀ) ਸਾਰੇ ਜੀਵਾਂ ਨੂੰ ਪੈਦਾ ਕਰ ਕੇ ਮੁਕਾ ਦੇਂਦਾ ਹੈ । (ਪ੍ਰਭੂ ਆਪ ਹੀ ਇਸ ਤਮਾਸ਼ੇ ਨੂੰ) ਵੇਖ ਰਿਹਾ ਹੈ (ਤੇ ਵੇਖ ਵੇਖ ਕੇ) ਖ਼ੁਸ਼ ਹੋ ਰਿਹਾ ਹੈ, (ਸਭ ਜੀਵਾਂ ਵਿਚ ਵਿਆਪਕ ਹੋ ਕੇ ਆਪ ਹੀ) ਸਾਰੇ ਰੰਗ ਮਾਣ ਰਿਹਾ ਹੈ । ਇਸ ਜਗਤ-ਰਚਨਾ ਨੂੰ ਉਸ ਨੇ ਇਕ ਅਖਾੜਾ ਬਣਾਇਆ ਹੋਇਆ ਹੈ ।੯।

ਹੇ ਭਾਈ! ਉਹ ਮਾਲਕ-ਪ੍ਰਭੂ (ਬਹੁਤ) ਵੱਡਾ ਹੈ, ਉਸ ਦੀ ਵਡਿਆਈ (ਭੀ ਬਹੁਤ) ਵੱਡੀ ਹੈ, ਉਹ ਬੜਾ ਵੱਡਾ ਦਾਤਾ ਹੈ, ਉਸ ਦੀ ਥਾਂ (ਜਿਥੇ ਉਹ ਰਹਿੰਦਾ ਹੈ ਬਹੁਤ) ਵੱਡੀ ਹੈ । ਉਹ ਅਪਹੁੰਚ ਹੈ, ਗਿਆਨ-ਇੰਦ੍ਰਿਆਂ ਦੀ ਪਹੁੰਚ ਤੋਂ ਪਰੇ ਹੈ, ਬੇਅੰਤ ਹੈ, ਤੋਲਿਆ ਨਹੀਂ ਜਾ ਸਕਦਾ । ਉਸ ਦੇ ਤੋਲਣ ਲਈ ਕੋਈ ਭੀ ਮਾਪ-ਤੋਲ ਨਹੀਂ ਹੈ ।੧੦।

ਹੇ ਭਾਈ! ਹੋਰ ਕੋਈ ਭੀ ਜੀਵ ਉਸ ਦਾ ਮੁੱਲ ਨਹੀਂ ਪਾ ਸਕਦਾ, ਉਹ ਨਿਰਲੇਪ ਪ੍ਰਭੂ ਆਪਣੇ ਬਰਾਬਰ ਦਾ ਆਪ ਹੀ ਹੈ । ਉਹ ਆਪ ਹੀ ਆਪਣੇ ਆਪ ਨੂੰ ਜਾਣਨ ਵਾਲਾ ਹੈ, ਆਪ ਹੀ ਆਪਣੇ ਆਪ ਵਿਚ ਸਮਾਧੀ ਲਾਣ ਵਾਲਾ ਹੈ । ਉਹ ਬਹੁਤ ਹੀ ਉੱਚੇ ਆਚਰਨ ਵਾਲਾ ਹੈ ।੧੧।

ਹੇ ਭਾਈ! (ਹੁਣ ਜਗਤ ਬਣਨ ਤੇ ਸਿਆਣੇ) ਆਖਦੇ ਹਨ ਕਿ ਬੇਅੰਤ ਸਮਾ ਉਹ ਗੁਪਤ ਹੀ ਰਿਹਾ, ਬੇਅੰਤ ਸਮਾ ਉਹ ਅਫੁਰ ਅਵਸਥਾ ਵਿਚ ਟਿਕਿਆ ਰਿਹਾ । ਬੇਅੰਤ ਸਮਾ ਇਕ ਐਸੀ ਅਵਸਥਾ ਬਣੀ ਰਹੀ ਜੋ ਜੀਵਾਂ ਦੀ ਸਮਝ ਤੋਂ ਪਰੇ ਹੈ । ਫਿਰ ਉਸ ਨੇ ਆਪ ਹੀ ਆਪਣੇ ਆਪ ਨੂੰ (ਜਗਤ-ਰੂਪ ਵਿਚ) ਪਰਗਟ ਕਰ ਲਿਆ ।੧੨।

ਆਪੇ ਸਕਤੀ ਸਬਲੁ ਕਹਾਇਆ ॥ ਆਪੇ ਸੂਰਾ ਅਮਰੁ ਚਲਾਇਆ ॥ ਆਪੇ ਸਿਵ ਵਰਤਾਈਅਨੁ ਅੰਤਰਿ ਆਪੇ ਸੀਤਲੁ ਠਾਰੁ ਗੜਾ ॥੧੩॥ ਜਿਸਹਿ ਨਿਵਾਜੇ ਗੁਰਮੁਖਿ ਸਾਜੇ ॥ ਨਾਮੁ ਵਸੈ ਤਿਸੁ ਅਨਹਦ ਵਾਜੇ ॥ ਤਿਸ ਹੀ ਸੁਖੁ ਤਿਸ ਹੀ ਠਕੁਰਾਈ ਤਿਸਹਿ ਨ ਆਵੈ ਜਮੁ ਨੇੜਾ ॥੧੪॥ ਕੀਮਤਿ ਕਾਗਦ ਕਹੀ ਨ ਜਾਈ ॥ ਕਹੁ ਨਾਨਕ ਬੇਅੰਤ ਗੁਸਾਈ ॥ ਆਦਿ ਮਧਿ ਅੰਤਿ ਪ੍ਰਭੁ ਸੋਈ ਹਾਥਿ ਤਿਸੈ ਕੈ ਨੇਬੇੜਾ ॥੧੫॥ ਤਿਸਹਿ ਸਰੀਕੁ ਨਾਹੀ ਰੇ ਕੋਈ ॥ ਕਿਸ ਹੀ ਬੁਤੈ ਜਬਾਬੁ ਨ ਹੋਈ ॥ ਨਾਨਕ ਕਾ ਪ੍ਰਭੁ ਆਪੇ ਆਪੇ ਕਰਿ ਕਰਿ ਵੇਖੈ ਚੋਜ ਖੜਾ ॥੧੬॥੧॥੧੦॥ {ਪੰਨਾ ੧੦੮੨}

ਪਦ ਅਰਥ :—ਆਪੇ—ਆਪ ਹੀ । ਸਬਲੁ—ਸ-ਬਲੁ, ਬਲ ਵਾਲਾ (ਪਰਮਾਤਮਾ) । ਸਕਤੀ—ਸ਼ਕਤੀ, ਮਾਇਆ । ਸੂਰਾ—ਸੂਰਮਾ । ਅਮਰੁ—ਹੁਕਮ । ਸਿਵ—ਸ਼ਿਵ, ਸੁਖ, ਸ਼ਾਂਤੀ । ਵਰਤਾਈਅਨੁ—ਉਸ ਨੇ ਵਰਤਾਈ ਹੋਈ ਹੈ । ਅੰਤਰਿ—(ਸਭ ਦੇ) ਅੰਦਰ । ਠਾਰੁ ਗੜਾ—ਗੜੇ ਵਰਗਾ ਠੰਢਾ-ਠਾਰ ।੧੩।

ਜਿਸਹਿ—{ਕ੍ਰਿਆ ਵਿਸ਼ੇਸ਼ਣ 'ਹੀ' ਦੇ ਕਾਰਨ ਲਫ਼ਜ਼ 'ਜਿਸੁ' ਦਾ ੁ ਉੱਡ ਗਿਆ ਹੈ} ਜਿਸ ਨੂੰ । ਨਿਵਾਜੇ—ਬਖ਼ਸ਼ਸ਼ ਕਰਦਾ ਹੈ । ਗੁਰਮੁਖਿ ਸਾਜੇ—ਗੁਰੂ ਦੀ ਸਰਨ ਪਾ ਕੇ ਨਵੀਂ ਆਤਮਕ ਘਾੜਤ ਕਰਦਾ ਹੈ । ਤਿਸੁ—ਉਸ ਦੇ (ਹਿਰਦੇ ਵਿਚ) । ਅਨਹਦ—ਇਕ-ਰਸ, ਲਗਾਤਾਰ । ਤਿਸ ਹੀ—{ਕ੍ਰਿਆ ਵਿਸ਼ੇਸ਼ਣ 'ਹੀ' ਦੇ ਕਾਰਨ ਲਫ਼ਜ਼ 'ਤਿਸੁ' ਦਾ ੁ ਉੱਡ ਗਿਆ ਹੈ} । ਠਕੁਰਾਈ—ਸਰਦਾਰੀ, ਉੱਚਤਾ ।੧੪।

ਕਾਗਦ—ਕਾਗ਼ਜ਼ਾਂ ਉਤੇ । ਨਾਨਕ—ਹੇ ਨਾਨਕ! ਗੁਸਾਈ—ਧਰਤੀ ਦਾ ਖਸਮ-ਪ੍ਰਭੂ । ਹਾਥਿ—ਹੱਥ ਵਿਚ । ਤਿਸੈ ਕੈ ਹਾਥਿ—ਉਸੇ ਦੇ ਹੱਥ ਵਿਚ । ਨੇਬੇੜਾ—ਫ਼ੈਸਲਾ ।੧੫।

ਰੇ—ਹੇ ਭਾਈ! ਤਿਸਹਿ ਸਰੀਕੁ—ਉਸ (ਪ੍ਰਭੂ) ਦਾ ਸ਼ਰੀਕ (ਬਰਾਬਰ ਦਾ) । ਬੁਤਾ—ਬੁੱਤਾ, ਕੰਮ । ਬੁਤੈ—ਬੁੱਤੈ, ਕੰਮ ਵਿਚ । ਕਿਸ ਹੀ ਬੁਤੈ—(ਉਸ ਦੇ) ਕਿਸੇ ਭੀ ਕੰਮ ਵਿਚ । ਜਬਾਬੁ—ਉਜ਼ਰ, ਇਨਕਾਰ । ਕਰਿ—ਕਰ ਕੇ । ਚੋਜ—ਤਮਾਸ਼ੇ {ਬਹੁ-ਵਚਨ} ।੧੬।

ਅਰਥ :—ਹੇ ਭਾਈ! ਬਲਵਾਨ ਪਰਮਾਤਮਾ ਆਪ ਹੀ (ਆਪਣੇ ਆਪ ਨੂੰ) ਮਾਇਆ ਅਖਵਾ ਰਿਹਾ ਹੈ । ਉਹ ਸੂਰਮਾ ਪ੍ਰਭੂ ਆਪ ਹੀ (ਸਾਰੇ ਜਗਤ ਵਿਚ) ਹੁਕਮ ਚਲਾ ਰਿਹਾ ਹੈ । (ਸਭ ਜੀਵਾਂ ਦੇ) ਅੰਦਰ ਉਸਨੇ ਆਪ ਹੀ ਸੁਖ-ਸ਼ਾਂਤੀ ਵਰਤਾਈ ਹੋਈ ਹੈ, (ਕਿਉਂਕਿ) ਉਹ ਆਪ ਹੀ ਗੜੇ ਵਰਗਾ ਸੀਤਲ ਠੰਢਾ-ਠਾਰ ਹੈ ।੧੩।

ਹੇ ਭਾਈ! ਜਿਸ ਮਨੁੱਖ ਉਤੇ ਪਰਮਾਤਮਾ ਮਿਹਰ ਕਰਦਾ ਹੈ, ਉਸ ਨੂੰ ਗੁਰੂ ਦੀ ਸਰਨ ਪਾ ਕੇ ਉਸ ਦੀ ਨਵੀਂ ਆਤਮਕ ਘਾੜਤ ਘੜਦਾ ਹੈ । ਉਸ (ਮਨੁੱਖ) ਦੇ ਅੰਦਰ ਪਰਮਾਤਮਾ ਦਾ ਨਾਮ ਆ ਵੱਸਦਾ ਹੈ (ਮਾਨੋ) ਉਸ ਦੇ ਅੰਦਰ ਇਕ-ਰਸ ਵਾਜੇ (ਵੱਜ ਪੈਂਦੇ ਹਨ) । ਉਸੇ ਮਨੁੱਖ ਨੂੰ (ਸਦਾ) ਆਤਮਕ ਆਨੰਦ ਪ੍ਰਾਪਤ ਰਹਿੰਦਾ ਹੈ, ਉਸੇ ਨੂੰ (ਲੋਕ ਪਰਲੋਕ ਵਿਚ) ਆਤਮਕ ਉੱਚਤਾ ਮਿਲ ਜਾਂਦੀ ਹੈ । ਜਮਰਾਜ ਉਸ ਦੇ ਨੇੜੇ ਨਹੀਂ ਢੁਕਦਾ (ਮੌਤ ਦਾ ਡਰ, ਆਤਮਕ ਮੌਤ ਉਸ ਉਤੇ ਅਸਰ ਨਹੀਂ ਪਾ ਸਕਦੀ) ।੧੪।

ਹੇ ਨਾਨਕ! ਆਖ—ਸ੍ਰਿਸ਼ਟੀ ਦਾ ਮਾਲਕ-ਪ੍ਰਭੂ ਬੇਅੰਤ ਹੈ, ਕਾਗ਼ਜ਼ਾਂ ਉਤੇ (ਲਿਖ ਕੇ) ਉਸ ਦਾ ਮੁੱਲ ਨਹੀਂ ਪਾਇਆ ਜਾ ਸਕਦਾ । ਜਗਤ ਦੇ ਸ਼ੁਰੂ ਵਿਚ, ਹੁਣ ਅੰਤ ਵਿਚ ਭੀ ਉਹੀ ਕਾਇਮ ਰਹਿਣ ਵਾਲਾ ਹੈ । ਜੀਵਾਂ ਦੇ ਕਰਮਾਂ ਦਾ ਫ਼ੈਸਲਾ ਉਸੇ ਦੇ ਹੱਥ ਵਿਚ ਹੈ ।੧੫।

ਹੇ ਭਾਈ! ਕੋਈ ਭੀ ਜੀਵ ਉਸ (ਪਰਮਾਤਮਾ) ਦੇ ਬਰਾਬਰ ਦਾ ਨਹੀਂ ਹੈ । ਉਸ ਦੇ ਕਿਸੇ ਭੀ ਕੰਮ ਵਿਚ ਕਿਸੇ ਪਾਸੋਂ ਇਨਕਾਰ ਨਹੀਂ ਹੋ ਸਕਦਾ । ਨਾਨਕ ਦਾ ਪ੍ਰਭੂ (ਹਰ ਥਾਂ) ਆਪ ਹੀ ਆਪ ਹੈ । ਉਹ ਆਪ ਹੀ ਤਮਾਸ਼ੇ ਕਰ ਕਰ ਕੇ ਖੜਾ ਆਪ ਹੀ ਵੇਖ ਰਿਹਾ ਹੈ ।੧੬।੧।੧੦।

ਮਾਰੂ ਮਹਲਾ ੫ ॥ ਅਚੁਤ ਪਾਰਬ੍ਰਹਮ ਪਰਮੇਸੁਰ ਅੰਤਰਜਾਮੀ ॥ ਮਧੁਸੂਦਨ ਦਾਮੋਦਰ ਸੁਆਮੀ ॥ ਰਿਖੀਕੇਸ ਗੋਵਰਧਨ ਧਾਰੀ ਮੁਰਲੀ ਮਨੋਹਰ ਹਰਿ ਰੰਗਾ ॥੧॥ ਮੋਹਨ ਮਾਧਵ ਕ੍ਰਿਸ˜ ਮੁਰਾਰੇ ॥ ਜਗਦੀਸੁਰ ਹਰਿ ਜੀਉ ਅਸੁਰ ਸੰਘਾਰੇ ॥ ਜਗਜੀਵਨ ਅਬਿਨਾਸੀ ਠਾਕੁਰ ਘਟ ਘਟ ਵਾਸੀ ਹੈ ਸੰਗਾ ॥੨॥ ਧਰਣੀਧਰ ਈਸ ਨਰਸਿੰਘ ਨਾਰਾਇਣ ॥ ਦਾੜਾ ਅਗ੍ਰੇ ਪ੍ਰਿਥਮਿ ਧਰਾਇਣ ॥ ਬਾਵਨ ਰੂਪੁ ਕੀਆ ਤੁਧੁ ਕਰਤੇ ਸਭ ਹੀ ਸੇਤੀ ਹੈ ਚੰਗਾ ॥੩॥ ਸ੍ਰੀ ਰਾਮਚੰਦ ਜਿਸੁ ਰੂਪੁ ਨ ਰੇਖਿਆ ॥ ਬਨਵਾਲੀ ਚਕ੍ਰਪਾਣਿ ਦਰਸਿ ਅਨੂਪਿਆ ॥ ਸਹਸ ਨੇਤ੍ਰ ਮੂਰਤਿ ਹੈ ਸਹਸਾ ਇਕੁ ਦਾਤਾ ਸਭ ਹੈ ਮੰਗਾ ॥੪॥ {ਪੰਨਾ ੧੦੮੨}

ਪਦ ਅਰਥ :—ਅਚੁਤ—{Áਯੁ—ਟੋ ਡਓਲਲ—Áਯੁਤ—ਡਓਲਲਣਨ} ਨਾਹ ਨਾਸ ਹੋਣ ਵਾਲਾ । ਪਰਮੇਸੁਰ—ਪਰਮ ਈਸ਼੍ਵਰ, ਸਭ ਤੋਂ ਵੱਡਾ ਮਾਲਕ । ਅੰਤਰਜਾਮੀ—ਸਭ ਦੇ ਦਿਲਾਂ ਵਿਚ ਅੱਪੜਨ ਵਾਲਾ {ਯਾ—ਟੋ ਗੋ} । ਮਧੁਸੂਦਨ—ਮਧੂ ਦੈਂਤ ਨੂੰ ਮਾਰਨ ਵਾਲਾ । ਦਾਮੋਦਰ—{ਦਾਮ-ਉਦਰ} ਜਿਸ ਦੇ ਪੇਟ ਦੇ ਦੁਆਲੇ ਰੱਸੀ ਹੈ । ਰਿਖੀਕੇਸ—{ã—ੀਕ—ਇੰਦ੍ਰੇ । ਈਸ—ਮਾਲਕ} ਜਗਤ ਦੇ ਗਿਆਨ-ਇੰਦ੍ਰਿਆਂ ਦਾ ਮਾਲਕ । ਗੋਵਰਧਨ ਧਾਰੀ—ਗੋਵਰਧਨ ਪਹਾੜ ਨੂੰ ਚੁੱਕਣ ਵਾਲਾ । ਮੁਰਲੀ ਮਨੋਹਰ—ਸੋਹਣੀ ਮੁਰਲੀ (ਬੰਸਰੀ) ਵਾਲਾ । ਰੰਗਾ—ਅਨੇਕਾਂ ਕੌਤਕ-ਤਮਾਸ਼ੇ ।੧।

ਮੋਹਨ—ਮਨ ਨੂੰ ਮੋਹ ਲੈਣ ਵਾਲਾ । ਮਾਧਵ—{ਮਾਇਆ ਦਾ ਧਵ} ਮਾਇਆ ਦਾ ਪਤੀ । ਮੁਰਾਰੇ—ਮੁਰ-ਦੈਂਤ ਦਾ ਵੈਰੀ {ਮੁਰ-ਅਰਿ} । ਜਗਦੀਸੁਰ—ਜਗਤ ਦਾ ਈਸ਼੍ਵਰ । ਅਸੁਰ ਸੰਘਾਰੇ—ਦੈਂਤਾਂ ਦਾ ਨਾਸ ਕਰਨ ਵਾਲਾ । ਜਗ ਜੀਵਨ—ਜਗਤ ਦਾ ਜੀਵਨ-ਆਸਰਾ । ਘਟ ਘਟ ਵਾਸੀ—ਸਭਨਾਂ ਸਰੀਰਾਂ ਵਿਚ ਵੱਸਣ ਵਾਲਾ । ਸੰਗਾ—ਸੰਗਿ, ਨਾਲ ।੨।

ਧਰਣੀ ਧਰ—ਧਰਤੀ ਦਾ ਸਹਾਰਾ । ਈਸ—ਈਸ਼, ਮਾਲਕ । ਨਾਰਾਇਣ—{ਨਾਰ-ਜਲ । ਅਯਨ—ਘਰ} ਜਿਸ ਦਾ ਘਰ ਪਾਣੀ (ਸਮੁੰਦਰ) ਵਿਚ ਹੈ । ਦਾੜਾ ਅਗ੍ਰੇ—ਦਾੜ੍ਹਾਂ ਦੇ ਉੱਤੇ । ਪ੍ਰਿਥਮਿ—ਧਰਤੀ । ਧਰਾਇਣ—ਚੁੱਕਣ ਵਾਲਾ । ਬਾਵਨ ਰੂਪੁ—ਵਾਮਨ (ਵਉਣਾ) ਅਵਤਾਰ । ਕਰਤੇ—ਹੇ ਕਰਤਾਰ! ਸੇਤੀ—ਨਾਲ ।੩।

ਰੇਖਿਆ—ਚਿਹਨ-ਚੱਕ੍ਰ । ਬਨਵਾਲੀ—ਬਨ ਹੈ ਮਾਲਾ ਜਿਸ ਦੀ । ਚਕ੍ਰਪਾਣਿ—{ਪਾਣਿ—ਹੱਥ} ਜਿਸ ਦੇ ਹੱਥ ਵਿਚ (ਸੁਦਰਸ਼ਨ) ਚੱਕ੍ਰ ਹੈ । ਦਰਸਿ ਅਨੂਪਿਆ—ਉਪਮਾ-ਰਹਿਤ ਦਰਸਨ ਵਾਲਾ । ਸਹਸ ਨੇਤ੍ਰ—ਹਜ਼ਾਰਾਂ ਅੱਖਾਂ ਵਾਲਾ । ਸਹਸਾ—ਹਜ਼ਾਰਾਂ । ਮੰਗਾ—ਮੰਗਣ ਵਾਲੇ ।੪।

ਅਰਥ :—ਹੇ ਕਰਤਾਰ! ਤੂੰ ਅਬਿਨਾਸੀ ਹੈਂ, ਤੂੰ ਪਾਰਬ੍ਰਹਮ ਹੈਂ, ਤੂੰ ਪਰਮੇਸੁਰ ਹੈਂ, ਤੂੰ ਅੰਤਰਜਾਮੀ ਹੈਂ । ਹੇ ਸੁਆਮੀ! ਮਧੁਸੂਦਨ ਤੇ ਦਾਮੋਦਰ ਭੀ ਤੂੰ ਹੀ ਹੈਂ । ਹੇ ਹਰੀ! ਤੂੰ ਹੀ ਰਿਖੀਕੇਸ਼ ਗੋਵਰਧਨਧਾਰੀ ਤੇ ਮਨੋਹਰ ਮੁਰਲੀ ਵਾਲਾ ਹੈਂ । ਤੂੰ ਅਨੇਕਾਂ ਰੰਗ-ਤਮਾਸ਼ੇ ਕਰ ਰਿਹਾ ਹੈਂ ।੧।

ਹੇ ਹਰੀ ਜੀਉ! ਮੋਹਨ, ਮਾਧਵ, ਕ੍ਰਿਸ਼ਨ, ਮੁਰਾਰੀ ਤੂੰ ਹੀ ਹੈਂ । ਤੂੰ ਹੀ ਹੈਂ ਜਗਤ ਦਾ ਮਾਲਕ, ਤੂੰ ਹੀ ਹੈਂ ਦੈਂਤਾਂ ਦਾ ਨਾਸ ਕਰਨ ਵਾਲਾ । ਹੇ ਜਗਜੀਵਨ! ਹੇ ਅਬਿਨਾਸੀ ਠਾਕੁਰ! ਤੂੰ ਸਭ ਸਰੀਰਾਂ ਵਿਚ ਮੌਜੂਦ ਹੈਂ, ਤੂੰ ਸਭਨਾਂ ਦੇ ਨਾਲ ਵੱਸਦਾ ਹੈਂ ।੨।

ਹੇ ਧਰਤੀ ਦੇ ਆਸਰੇ! ਹੇ ਈਸ਼੍ਵਰ! ਤੂੰ ਹੀ ਹੈਂ ਨਰਸਿੰਘ ਅਵਤਾਰ, ਤੂੰ ਹੀ ਹੈਂ ਵਿਸ਼ਨੂ ਜਿਸ ਦਾ ਨਿਵਾਸ ਸਮੁੰਦਰ ਵਿਚ ਹੈ । (ਵਰਾਹ ਅਵਤਾਰ ਧਾਰ ਕੇ) ਧਰਤੀ ਨੂੰ ਆਪਣੀਆਂ ਦਾੜ੍ਹਾਂ ਉੱਤੇ ਚੁੱਕਣ ਵਾਲਾ ਭੀ ਤੂੰ ਹੀ ਹੈਂ । ਹੇ ਕਰਤਾਰ! (ਰਾਜਾ ਬਲ ਨੂੰ ਛਲਣ ਲਈ) ਤੂੰ ਹੀ ਵਾਮਨ-ਰੂਪ ਧਾਰਿਆ ਸੀ । ਤੂੰ ਸਭ ਜੀਵਾਂ ਦੇ ਨਾਲ ਵੱਸਦਾ ਹੈਂ, (ਫਿਰ ਭੀ ਤੂੰ ਸਭ ਤੋਂ) ਉੱਤਮ ਹੈਂ ।੩।

ਹੇ ਪ੍ਰਭੂ! ਤੂੰ ਉਹ ਸ੍ਰੀ ਰਾਮਚੰਦਰ ਹੈਂ ਜਿਸ ਦਾ ਨਾਹ ਕੋਈ ਰੂਪ ਹੈ ਨਾਹ ਰੇਖ । ਤੂੰ ਹੀ ਹੈਂ ਬਨਵਾਲੀ ਤੇ ਸੁਦਰਸ਼ਨ-ਚੱਕ੍ਰ-ਧਾਰੀ । ਤੂੰ ਬੇ-ਮਿਸਾਲ ਸਰੂਪ ਵਾਲਾ ਹੈਂ । ਤੇਰੇ ਹਜ਼ਾਰਾਂ ਨੇਤਰ ਹਨ, ਤੇਰੀਆਂ ਹਜ਼ਾਰਾਂ ਮੂਰਤੀਆਂ ਹਨ । ਤੂੰ ਹੀ ਇਕੱਲਾ ਦਾਤਾ ਹੈਂ, ਸਾਰੀ ਦੁਨੀਆ ਤੈਥੋਂ ਮੰਗਣ ਵਾਲੀ ਹੈ ।੪।

ਭਗਤਿ ਵਛਲੁ ਅਨਾਥਹ ਨਾਥੇ ॥ ਗੋਪੀ ਨਾਥੁ ਸਗਲ ਹੈ ਸਾਥੇ ॥ ਬਾਸੁਦੇਵ ਨਿਰੰਜਨ ਦਾਤੇ ਬਰਨਿ ਨ ਸਾਕਉ ਗੁਣ ਅੰਗਾ ॥੫॥ ਮੁਕੰਦ ਮਨੋਹਰ ਲਖਮੀ ਨਾਰਾਇਣ ॥ ਦ੍ਰੋਪਤੀ ਲਜਾ ਨਿਵਾਰਿ ਉਧਾਰਣ ॥ ਕਮਲਾ ਕੰਤ ਕਰਹਿ ਕੰਤੂਹਲ ਅਨਦ ਬਿਨੋਦੀ ਨਿਹਸੰਗਾ ॥੬॥ ਅਮੋਘ ਦਰਸਨ ਆਜੂਨੀ ਸੰਭਉ ॥ ਅਕਾਲ ਮੂਰਤਿ ਜਿਸੁ ਕਦੇ ਨਾਹੀ ਖਉ ॥ ਅਬਿਨਾਸੀ ਅਬਿਗਤ ਅਗੋਚਰ ਸਭੁ ਕਿਛੁ ਤੁਝ ਹੀ ਹੈ ਲਗਾ ॥੭॥ ਸ੍ਰੀਰੰਗ ਬੈਕੁੰਠ ਕੇ ਵਾਸੀ ॥ ਮਛੁ ਕਛੁ ਕੂਰਮੁ ਆਗਿਆ ਅਉਤਰਾਸੀ ॥ ਕੇਸਵ ਚਲਤ ਕਰਹਿ ਨਿਰਾਲੇ ਕੀਤਾ ਲੋੜਹਿ ਸੋ ਹੋਇਗਾ ॥੮॥ {ਪੰਨਾ ੧੦੮੨}

ਪਦ ਅਰਥ :—ਭਗਤਿ ਵਛਲੁ—ਭਗਤੀ ਨੂੰ ਪਿਆਰ ਕਰਨ ਵਾਲਾ । ਅਨਾਥਹ ਨਾਥੇ—ਹੇ ਅਨਾਥਾਂ ਦੇ ਨਾਥ! ਗੋਪੀ ਨਾਥੁ—ਗੋਪੀਆਂ ਦਾ ਨਾਥ । ਬਾਸੁਦੇਵ—ਵਾਸੁਦੇਵ ਦਾ । ਨਿਰੰਜਨੁ—{ਨਿਰ-ਅੰਜਨ} ਮਾਇਆ ਦੇ ਮੋਹ ਦੀ ਕਾਲਖ ਤੋਂ ਰਹਿਤ । ਦਾਤੇ—ਹੇ ਦਾਤਾਰ! ਸਾਕਉ—ਸਾਕਉਂ । ਬਰਨਿ ਨ ਸਾਕਉਂ—ਮੈਂ ਬਿਆਨ ਨਹੀਂ ਕਰ ਸਕਦਾ ।੫।

ਮੁਕੰਦ—{ਮੁਕੁਜ਼ਦਾਤਿ ਇਤਿ} ਮੁਕਤੀ ਦੇਣ ਵਾਲਾ । ਲਖਮੀ ਨਾਰਾਇਣ—ਲੱਛਮੀ ਦਾ ਪਤੀ ਨਾਰਾਇਣ । ਨਿਵਾਰਿ—ਬੇ-ਪਤੀ ਤੋਂ ਬਚਾ ਕੇ । ਉਧਾਰਣ—

ਬਚਾਣ ਵਾਲਾ । ਕਮਲਾ ਕੰਤ—ਹੇ ਮਾਇਆ ਦੇ ਪਤੀ! ਕਰਹਿ—ਤੂੰ ਕਰਦਾ ਹੈਂ । ਕੰਤੂਹਲ—ਕੌਤਕ ਤਮਾਸ਼ੇ । ਬਿਨੋਦੀ—ਆਨੰਦ ਮਾਣਨ ਵਾਲਾ । ਨਿਸੰਗਾ—ਨਿਰਲੇਪ ।੬।

ਅਮੋਘ—ਫਲ ਦੇਣ ਵਾਲਾ, ਕਦੇ ਖ਼ਾਲੀ ਨਾਹ ਜਾਣ ਵਾਲਾ । ਆਜੂਨੀ—ਜੂਨਾਂ ਤੋਂ ਰਹਿਤ । ਸੰਭਉ—{Ôਵਯਜ਼ਭੁ } ਆਪਣੇ ਆਪ ਤੋਂ ਪਰਗਟ ਹੋਣ ਵਾਲਾ । ਅਕਾਲ ਮੂਰਤਿ—ਜਿਸ ਦੀ ਹਸਤੀ ਕਾਲ ਤੋਂ ਰਹਿਤ ਹੈ । ਖਉ—ਨਾਸ । ਅਬਗਤ—{ਆ।ਯ#ਤ} ਅਦ੍ਰਿਸ਼ਟ । ਅਗੋਚਰ—ਹੇ ਗਿਆਨ-ਇੰਦ੍ਰਿਆਂ ਦੀ ਪਹੁੰਚ ਤੋਂ ਪਰੇ ਰਹਿਣ ਵਾਲੇ! ਲਗਾ—ਆਸਰੇ ।੭।

ਸ੍ਰੀ ਰੰਗ—ਹੇ ਲਛਮੀ ਦੇ ਪਤੀ! ਕੂਰਮੁ—ਕਛੂਕੁੰਮਾ । ਆਗਿਆ—ਤੇਰੇ ਹੁਕਮ ਵਿਚ । ਅਉਤਰਾਸੀ—ਉਤਰਿਆ, ਅਵਤਾਰ ਲਿਆ । ਕੇਸਵ—(ਕੇ_ਾ : ਪ੍ਰ_Ôਯਾ : ਸਤਿ ਅÔਯ} ਹੇ ਸੋਹਣੇ ਲੰਮੇ ਕੇਸਾਂ ਵਾਲੇ! ਨਿਰਾਲੇ—ਅਨੋਖੇ । ਕੀਤਾ ਲੋੜਹਿ—(ਜੋ ਕੁਝ) ਤੂੰ ਕਰਨਾ ਚਾਹੁੰਦਾ ਹੈਂ ।੮।

ਅਰਥ :—ਹੇ ਅਨਾਥਾਂ ਦੇ ਨਾਥ! ਤੂੰ ਭਗਤੀ ਨੂੰ ਪਿਆਰ ਕਰਨ ਵਾਲਾ ਹੈਂ । ਤੂੰ ਹੀ ਗੋਪੀਆਂ ਦਾ ਨਾਥ ਹੈਂ । ਤੂੰ ਸਭ ਜੀਵਾਂ ਦੇ ਨਾਲ ਰਹਿਣ ਵਾਲਾ ਹੈਂ । ਹੇ ਵਾਸੁਦੇਵ! ਹੇ ਨਿਰਲੇਪ ਦਾਤਾਰ! ਮੈਂ ਤੇਰੇ ਅਨੇਕਾਂ ਗੁਣ ਬਿਆਨ ਨਹੀਂ ਕਰ ਸਕਦਾ ।੫।

ਹੇ ਮੁਕਤੀ ਦਾਤੇ! ਹੇ ਸੋਹਣੇ ਪ੍ਰਭੂ! ਹੇ ਲੱਛਮੀ ਦੇ ਪਤੀ ਨਾਰਾਇਣ! ਹੇ ਦ੍ਰੋਪਤੀ ਨੂੰ ਬੇਪਤੀ ਤੋਂ ਬਚਾ ਕੇ ਉਸ ਦੀ ਇੱਜ਼ਤ ਰੱਖਣ ਵਾਲੇ! ਹੇ ਲੱਛਮੀ ਦੇ ਪਤੀ! ਤੂੰ ਅਨੇਕਾਂ ਕੌਤਕ ਕਰਦਾ ਹੈਂ । ਤੂੰ ਸਾਰੇ ਆਨੰਦ ਮਾਣਨ ਵਾਲਾ ਹੈਂ, ਤੇ ਨਿਰਲੇਪ ਭੀ ਹੈਂ ।੬।

ਹੇ ਫਲ ਦੇਣ ਤੋਂ ਕਦੇ ਨਾਹ ਉੱਕਣ ਵਾਲੇ ਦਰਸਨ ਵਾਲੇ ਪ੍ਰਭੂ! ਹੇ ਜੂਨਾਂ-ਰਹਿਤ ਪ੍ਰਭੂ! ਹੇ ਆਪਣੇ ਆਪ ਤੋਂ ਪਰਕਾਸ਼ ਕਰਨ ਵਾਲੇ ਪ੍ਰਭੂ! ਹੇ ਮੌਤ-ਰਹਿਤ ਸਰੂਪ ਵਾਲੇ! ਹੇ (ਅਜਿਹੇ) ਪ੍ਰਭੂ ਜਿਸ ਦਾ ਕਦੇ ਨਾਸ ਨਹੀਂ ਹੋ ਸਕਦਾ! ਹੇ ਅਬਿਨਾਸੀ! ਹੇ ਅਦ੍ਰਿਸ਼ਟ! ਹੇ ਅਗੋਚਰ! (ਜਗਤ ਦੀ) ਹਰੇਕ ਸ਼ੈ ਤੇਰੇ ਹੀ ਆਸਰੇ ਹੈ ।੭।

ਹੇ ਲੱਛਮੀ ਦੇ ਪਤੀ! ਹੇ ਬੈਕੁੰਠ ਦੇ ਰਹਿਣ ਵਾਲੇ! ਮੱਛ ਤੇ ਕੱਛੂਕੁੰਮਾ (ਆਦਿਕ) ਤੇਰੀ ਹੀ ਆਗਿਆ ਵਿਚ ਅਵਤਾਰ ਹੋਇਆ । ਹੇ ਸੋਹਣੇ ਲੰਮੇ ਕੇਸਾਂ ਵਾਲੇ! ਤੂੰ (ਸਦਾ) ਅਨੋਖੇ ਕੌਤਕ ਕਰਦਾ ਹੈਂ । ਜੋ ਕੁਝ ਤੂੰ ਕਰਨਾ ਚਾਹੁੰਦਾ ਹੈਂ ਜ਼ਰੂਰ ਉਹੀ ਹੁੰਦਾ ਹੈ ।੮।

ਨਿਰਾਹਾਰੀ ਨਿਰਵੈਰੁ ਸਮਾਇਆ ॥ ਧਾਰਿ ਖੇਲੁ ਚਤੁਰਭੁਜੁ ਕਹਾਇਆ ॥ ਸਾਵਲ ਸੁੰਦਰ ਰੂਪ ਬਣਾਵਹਿ ਬੇਣੁ ਸੁਨਤ ਸਭ ਮੋਹੈਗਾ ॥੯॥ ਬਨਮਾਲਾ ਬਿਭੂਖਨ ਕਮਲ ਨੈਨ ॥ ਸੁੰਦਰ ਕੁੰਡਲ ਮੁਕਟ ਬੈਨ ॥ ਸੰਖ ਚਕ੍ਰ ਗਦਾ ਹੈ ਧਾਰੀ ਮਹਾ ਸਾਰਥੀ ਸਤਸੰਗਾ ॥੧੦॥ ਪੀਤ ਪੀਤੰਬਰ ਤ੍ਰਿਭਵਣ ਧਣੀ ॥ ਜਗੰਨਾਥੁ ਗੋਪਾਲੁ ਮੁਖਿ ਭਣੀ ॥ ਸਾਰਿੰਗਧਰ ਭਗਵਾਨ ਬੀਠੁਲਾ ਮੈ ਗਣਤ ਨ ਆਵੈ ਸਰਬੰਗਾ ॥੧੧॥ ਨਿਹਕੰਟਕੁ ਨਿਹਕੇਵਲੁ ਕਹੀਐ ॥ ਧਨੰਜੈ ਜਲਿ ਥਲਿ ਹੈ ਮਹੀਐ ॥ ਮਿਰਤ ਲੋਕ ਪਇਆਲ ਸਮੀਪਤ ਅਸਥਿਰ ਥਾਨੁ ਜਿਸੁ ਹੈ ਅਭਗਾ ॥੧੨॥ {ਪੰਨਾ ੧੦੮੨}

ਪਦ ਅਰਥ :—ਨਿਰਾਹਰੀ—ਨਿਰ-ਆਹਾਰੀ {ਆਹਾਰ-ਖ਼ੁਰਾਕ}, ਅੰਨ ਤੋਂ ਬਿਨਾ ਜੀਉਂਦਾ ਰਹਿਣ ਵਾਲਾ । ਸਮਾਇਆ—ਸਭ ਵਿਚ ਵਿਆਪਕ । ਧਾਰਿ—ਧਾਰ ਕੇ, ਰਚ ਕੇ । ਖੇਲੁ—ਜਗਤ-ਤਮਾਸ਼ਾ । ਚਤੁਰਭੁਜ—ਚਾਰ ਬਾਹਾਂ ਵਾਲਾ, ਬ੍ਰਹਮਾ । ਸਾਵਲ—ਸਾਂਵਲੇ ਰੰਗ ਵਾਲਾ । ਬਣਾਵਹਿ—ਤੂੰ ਬਣਾਂਦਾ ਹੈਂ । ਬੇਣੁ—ਬੰਸਰੀ । ਸੁਨਤ—ਸੁਣਦਿਆਂ । ਸਭ—ਸਾਰੀ ਸ੍ਰਿਸ਼ਟੀ ।੯।

ਬਨਮਾਲਾ—ਗਿੱਟਿਆਂ ਤਕ ਲਟਕਣ ਵਾਲੀ ਜਾਂਗਲੀ ਫੁੱਲਾਂ ਦੀ ਮਾਲਾ, ਵੈਜਯੰਤੀ ਮਾਲਾ । ਬਿਭੂਖਨ—ਗਹਿਣੇ । ਨੈਨ—ਅੱਖਾਂ । ਬੈਨ—ਬੇਨ, ਬੰਸਰੀ । ਗਦਾ—ਗੁਰਜ । ਸਾਰਥੀ—ਰਥਵਾਹੀ {ਕ੍ਰਿਸ਼ਨ ਅਰਜਨ ਦਾ ਰਥਵਾਹੀ ਸੀ} ।੧੦।

ਪੀਤ—ਪੀਲਾ । ਪੀਤੰਬਰ—{ਪੀਅੰਬਰ} ਪੀਲੇ ਬਸਤ੍ਰਾਂ ਵਾਲਾ (ਕ੍ਰਿਸ਼ਨ) । ਧਣੀ—ਮਾਲਕ । ਮੁਖਿ—ਮੂੰਹ ਨਾਲ । ਭਣੀ—ਭਣੀਂ, ਮੈਂ ਉਚਾਰਦਾ ਹਾਂ । ਸਾਰਿੰਗਧਰ—ਧਨੁਖ-ਧਾਰੀ {ਸਾਰਿੰਗ—ਧਨੁਖ} । ਬੀਠੁਲਾ—{ਵਿ-Ôਥਲ, ਵਿਸ਼ਠਲ, ਵਿੱਠਲ} ਮਾਇਆ ਦੇ ਪ੍ਰਭਾਵ ਤੋਂ ਪਰੇ ਰਹਿਣ ਵਾਲਾ । ਸਰਬੰਗਾ—ਸਰਬ ਅੰਗਾ, ਸਾਰੇ ਗੁਣ ।੧੧।

ਨਿਹਕੰਟਕੁ—{ਕੰਟਕੁ—ਕੰਡਾ, ਵੈਰੀ} ਜਿਸ ਦਾ ਕੋਈ ਵੈਰੀ ਨਹੀਂ । ਨਿਹਕੇਵਲੁ—ਵਾਸਨਾ-ਰਹਿਤ । ਕਹੀਐ—ਆਖਿਆ ਜਾਂਦਾ ਹੈ । ਧਨੰਜੈ—{ਧਨਾਜ਼ਜਯ—ੰਉਮੲੋਡ ਅਰਜੁਨ ਸਵਾ.ਲਨੱ ਜਨਪਦਾਨੱ ਜਿÄਵਾ, ਵਿÙਮਾਦਾਯ ਕ¥ਵਲਜ਼ ॥ ਮ⁄ਯੇ ਧਨÔਯ ਤਿÕਠਾਮਿ, ਤੇਨਾਹੁਮਾ.ਲਜ਼ ਧਨਜ਼ਜਯ : ॥} ਸਾਰੇ ਜਗਤ ਦੇ ਧਨ ਨੂੰ ਜਿੱਤਣ ਵਾਲਾ । ਜਲਿ—ਜਲ ਵਿਚ । ਥਲਿ—ਥਲ ਵਿਚ । ਮਹੀਐ—ਧਰਤੀ ਉੱਤੇ {ਮਹੀ—ਧਰਤੀ} । ਮਿਰਤ ਲੋਕ—ਮਾਤ ਲੋਕ । ਪਇਆਲ—ਪਤਾਲ । ਸਮੀਪਤ—ਨੇੜੇ । ਅਸਥਿਤ—ਸਦਾ ਕਾਇਮ ਰਹਿਣ ਵਾਲਾ । ਅਭਗਾ—ਅਟੁੱਟ ।੧੨।

ਅਰਥ :—ਹੇ ਪ੍ਰਭੂ! ਤੂੰ ਅੰਨ ਖਾਣ ਤੋਂ ਬਿਨਾ ਜੀਉਂਦਾ ਰਹਿਣ ਵਾਲਾ ਹੈਂ, ਤੇਰਾ ਕਿਸੇ ਨਾਲ ਵੈਰ ਨਹੀਂ, ਤੂੰ ਸਭ ਵਿਚ ਵਿਆਪਕ ਹੈਂ । ਇਹ ਜਗਤ-ਖੇਡ ਰਚ ਕੇ (ਤੂੰ ਹੀ ਆਪਣੇ ਆਪ ਨੂੰ) ਬ੍ਰਹਮਾ ਅਖਵਾਇਆ ਹੈ । ਹੇ ਪ੍ਰਭੂ! (ਕ੍ਰਿਸ਼ਨ ਵਰਗੇ) ਅਨੇਕਾਂ ਸਾਂਵਲੇ ਸੋਹਣੇ ਰੂਪ ਤੂੰ ਬਣਾਂਦਾ ਰਹਿੰਦਾ ਹੈਂ । ਤੇਰੀ ਬੰਸਰੀ ਸੁਣਦਿਆਂ ਸਾਰੀ ਸ੍ਰਿਸ਼ਟੀ ਮੋਹੀ ਜਾਂਦੀ ਹੈ ।੯।

ਹੇ ਪ੍ਰਭੂ! ਸਾਰੀ ਸ੍ਰਿਸ਼ਟੀ ਦੀ ਬਨਸਪਤੀ ਤੇਰੇ ਗਹਿਣੇ ਹਨ । ਹੇ ਕੌਲ-ਫੁੱਲਾਂ ਵਰਗੀਆਂ ਅੱਖਾਂ ਵਾਲੇ! ਹੇ ਸੋਹਣੇ ਕੁੰਡਲਾਂ ਵਾਲੇ! ਹੇ ਮੁਕਟ-ਧਾਰੀ! ਹੇ ਬੰਸਰੀ ਵਾਲੇ! ਹੇ ਸੰਖ-ਧਾਰੀ! ਹੇ ਚੱਕ੍ਰ-ਧਾਰੀ! ਹੇ ਗਦਾ-ਧਾਰੀ! ਤੂੰ ਸਤਸੰਗੀਆਂ ਦਾ ਸਭ ਤੋਂ ਵੱਡਾ ਰਥਵਾਹੀ (ਆਗੂ) ਹੈਂ ।੧੦।

ਹੇ ਪੀਲੇ ਬਸਤ੍ਰਾਂ ਵਾਲੇ! ਹੇ ਤਿੰਨਾਂ ਭਵਨਾਂ ਦੇ ਮਾਲਕ! ਤੂੰ ਹੀ ਸਾਰੇ ਜਗਤ ਦਾ ਨਾਥ ਹੈਂ, ਸ੍ਰਿਸ਼ਟੀ ਦਾ ਪਾਲਣਹਾਰ ਹੈਂ । ਮੈਂ (ਆਪਣੇ) ਮੂੰਹ ਨਾਲ (ਤੇਰੇ ਨਾਮ) ਉਚਾਰਦਾ ਹਾਂ । ਹੇ ਧਨੁਖ-ਧਾਰੀ! ਹੇ ਭਗਵਾਨ! ਹੇ ਮਾਇਆ ਦੇ ਪ੍ਰਭਾਵ ਤੋਂ ਪਰੇ ਰਹਿਣ ਵਾਲੇ! ਮੈਥੋਂ ਤੇਰੇ ਸਾਰੇ ਗੁਣ ਬਿਆਨ ਨਹੀਂ ਹੋ ਸਕਦੇ ।੧੧।

ਹੇ ਭਾਈ! ਪਰਮਾਤਮਾ ਦਾ ਕੋਈ ਵੈਰੀ ਨਹੀਂ ਹੈ, ਉਸ ਨੂੰ ਵਾਸਨਾ-ਰਹਿਤ ਆਖਿਆ ਜਾਂਦਾ ਹੈ ਉਹੀ (ਸਾਰੇ ਜਗਤ ਦੇ ਧਨ ਨੂੰ ਜਿੱਤਣ ਵਾਲਾ) ਧਨੰਜੈ ਹੈ । ਉਹ ਜਲ ਵਿਚ ਹੈ ਥਲ ਵਿਚ ਹੈ ਧਰਤੀ ਉੱਤੇ (ਹਰ ਥਾਂ) ਹੈ । ਮਾਤ ਲੋਕ ਵਿਚ, ਪਤਾਲ ਵਿਚ (ਸਭ ਜੀਵਾਂ ਦੇ) ਨੇੜੇ ਹੈ । ਉਸ ਦਾ ਥਾਂ ਸਦਾ ਕਾਇਮ ਰਹਿਣ ਵਾਲਾ ਹੈ, ਕਦੇ ਟੁੱਟਣ ਵਾਲਾ ਨਹੀਂ ।੧੨।

ਪਤਿਤ ਪਾਵਨ ਦੁਖ ਭੈ ਭੰਜਨੁ ॥ ਅਹੰਕਾਰ ਨਿਵਾਰਣੁ ਹੈ ਭਵ ਖੰਡਨੁ ॥ ਭਗਤੀ ਤੋਖਿਤ ਦੀਨ ਕ੍ਰਿਪਾਲਾ ਗੁਣੇ ਨ ਕਿਤ ਹੀ ਹੈ ਭਿਗਾ ॥੧੩॥ ਨਿਰੰਕਾਰੁ ਅਛਲ ਅਡੋਲੋ ॥ ਜੋਤਿ ਸਰੂਪੀ ਸਭੁ ਜਗੁ ਮਉਲੋ ॥ ਸੋ ਮਿਲੈ ਜਿਸੁ ਆਪਿ ਮਿਲਾਏ ਆਪਹੁ ਕੋਇ ਨ ਪਾਵੈਗਾ ॥੧੪॥ ਆਪੇ ਗੋਪੀ ਆਪੇ ਕਾਨਾ ॥ ਆਪੇ ਗਊ ਚਰਾਵੈ ਬਾਨਾ ॥ ਆਪਿ ਉਪਾਵਹਿ ਆਪਿ ਖਪਾਵਹਿ ਤੁਧੁ ਲੇਪੁ ਨਹੀ ਇਕੁ ਤਿਲੁ ਰੰਗਾ ॥੧੫॥ ਏਕ ਜੀਹ ਗੁਣ ਕਵਨ ਬਖਾਨੈ ॥ ਸਹਸ ਫਨੀ ਸੇਖ ਅੰਤੁ ਨ ਜਾਨੈ ॥ ਨਵਤਨ ਨਾਮ ਜਪੈ ਦਿਨੁ ਰਾਤੀ ਇਕੁ ਗੁਣੁ ਨਾਹੀ ਪ੍ਰਭ ਕਹਿ ਸੰਗਾ ॥੧੬॥ {ਪੰਨਾ ੧੦੮੩}

ਪਦ ਅਰਥ :—ਪਤਿਤ—ਵਿਕਾਰਾਂ ਵਿਚ ਡਿੱਗੇ ਹੋਏ । ਪਾਵਨ—ਪਵਿੱਤਰ (ਕਰਨ ਵਾਲਾ) । ਭੈ—{ਬਹੁ-ਵਚਨ} ਸਾਰੇ ਡਰ । ਭੰਜਨੁ—ਨਾਸ ਕਰਨ ਵਾਲਾ । ਨਿਵਾਰਣੁ—ਦੂਰ ਕਰਨ ਵਾਲਾ । ਭਵ—ਜਨਮ ਮਰਨ ਦਾ ਗੇੜ । ਤੋਖਿਤ—ਪ੍ਰਸੰਨ ਹੁੰਦਾ ਹੈ । ਕਿਤ ਹੀ ਗੁਣੇ—ਕਿਸੇ ਭੀ (ਹੋਰ) ਗੁਣ ਨਾਲ {ਕ੍ਰਿਆ ਵਿਸ਼ੇਸ਼ਣ 'ਹੀ' ਦੇ ਕਾਰਨ ਲਫ਼ਜ਼ 'ਕਿਤੁ' ਦਾ ੁ ਉੱਡ ਗਿਆ ਹੈ} । ਭਿਗਾ—ਭਿੱਜਦਾ, ਪਤੀਜਦਾ ।੧੩।

ਮਉਲੋ—ਖਿੜਿਆ ਹੋਇਆ ਹੈ । ਆਪਹੁ—ਆਪਣੇ ਜਤਨ ਨਾਲ ।੧੪।

ਆਪੇ—ਆਪ ਹੀ । ਕਾਨਾ—ਕਾਨ੍ਹ, ਕ੍ਰਿਸ਼ਨ । ਬਾਨਾ—ਬਨ ਵਿਚ । ਉਪਾਵਹਿ—ਤੂੰ ਪੈਦਾ ਕਰਦਾ ਹੈਂ । ਖਪਾਵਹਿ—ਤੂੰ ਨਾਸ ਕਰਦਾ ਹੈਂ । ਲੇਪੁ—ਪ੍ਰਭਾਵ, ਅਸਰ, ਦਬਾਉ । ਇਕੁ ਤਿਲੁ—ਰਤਾ ਭਰ ਭੀ । ਰੰਗਾ—ਦੁਨੀਆ ਦੇ ਰੰਗ-ਤਮਾਸ਼ਿਆਂ ਦਾ ।੧੫।

ਜੀਹ—ਜੀਭ । ਕਵਨ—ਕਿਹੜੇ ਕਿਹੜੇ? ਸਹਸ—ਹਜ਼ਾਰ । ਫਨੀ—ਫਣਾਂ ਵਾਲਾ । ਸੇਖ—ਸ਼ੇਸ਼ਨਾਗ । ਨਵਤਨ—ਨਵਾਂ । ਇਕੁ ਗੁਣੁ ਪ੍ਰਭ—ਪ੍ਰਭੂ ਦਾ ਇੱਕ (ਭੀ) ਗੁਣ । ਕਹਿ ਸੰਗਾ—ਕਹਿ ਸਕਦਾ ।੧੬।

ਅਰਥ :—ਹੇ ਭਾਈ! ਪਰਮਾਤਮਾ ਵਿਕਾਰੀਆਂ ਨੂੰ ਪਵਿੱਤਰ ਕਰਨ ਵਾਲਾ ਹੈ, (ਜੀਵਾਂ ਦੇ) ਸਾਰੇ ਦੁੱਖ ਸਾਰੇ ਡਰ ਦੂਰ ਕਰਨ ਵਾਲਾ ਹੈ, ਅਹੰਕਾਰ ਦੂਰ ਕਰਨ ਵਾਲਾ ਹੈ ਅਤੇ ਜਨਮ ਮਰਨ ਦਾ ਗੇੜ ਨਾਸ ਕਰਨ ਵਾਲਾ ਹੈ । ਹੇ ਭਾਈ! ਦੀਨਾਂ ਉੱਤੇ ਕਿਰਪਾ ਕਰਨ ਵਾਲਾ ਪ੍ਰਭੂ ਭਗਤੀ ਨਾਲ ਖ਼ੁਸ਼ ਹੁੰਦਾ ਹੈ, ਕਿਸੇ ਭੀ ਹੋਰ ਗੁਣ ਨਾਲ ਨਹੀਂ ਪਤੀਜਦਾ ।੧੩।

ਹੇ ਭਾਈ! ਆਕਾਰ-ਰਹਿਤ ਪਰਮਾਤਮਾ ਨੂੰ ਮਾਇਆ ਛਲ ਨਹੀਂ ਸਕਦੀ, (ਮਾਇਆ ਦੇ ਹੱਲਿਆਂ ਅੱਗੇ) ਉਹ ਡੋਲਣ ਵਾਲਾ ਨਹੀਂ ਹੈ । ਉਹ ਨਿਰਾ ਨੂਰ ਹੀ ਨੂਰ ਹੈ (ਉਸ ਦੇ ਨੂਰ ਨਾਲ) ਸਾਰਾ ਜਗਤ ਖਿੜ ਰਿਹਾ ਹੈ । (ਉਸ ਪਰਮਾਤਮਾ ਨੂੰ ਉਹੀ ਮਨੁੱਖ (ਹੀ) ਮਿਲ ਸਕਦਾ ਹੈ, ਜਿਸ ਨੂੰ ਉਹ ਆਪ ਮਿਲਾਂਦਾ ਹੈ । (ਉਸ ਦੀ ਮਿਹਰ ਤੋਂ ਬਿਨਾ ਨਿਰੇ) ਆਪਣੇ ਉੱਦਮ ਨਾਲ ਕੋਈ ਭੀ ਮਨੁੱਖ ਉਸ ਨੂੰ ਮਿਲ ਨਹੀਂ ਸਕਦਾ ।੧੪।

ਹੇ ਭਾਈ! ਪਰਮਾਤਮਾ ਆਪ ਹੀ ਗੋਪੀਆਂ ਹੈ, ਆਪ ਹੀ ਕ੍ਰਿਸ਼ਨ ਹੈ । ਪ੍ਰਭੂ ਆਪ ਹੀ ਗਊਆਂ ਨੂੰ ਬਿੰਦ੍ਰਾਬਨ ਵਿਚ ਚਾਰਦਾ ਹੈ । ਹੇ ਪ੍ਰਭੂ! ਤੂੰ ਆਪ ਹੀ (ਜੀਵਾਂ ਨੂੰ) ਪੈਦਾ ਕਰਦਾ ਹੈਂ, ਆਪ ਹੀ ਨਾਸ ਕਰਦਾ ਹੈਂ । ਦੁਨੀਆ ਦੇ ਰੰਗ-ਤਮਾਸ਼ਿਆਂ ਦਾ ਤੇਰੇ ਉਤੇ ਰਤਾ ਭੀ ਅਸਰ ਨਹੀਂ ਹੁੰਦਾ ।੧੫।

ਹੇ ਪ੍ਰਭੂ! (ਮੇਰੀ) ਇੱਕ ਜੀਭ (ਤੇਰੇ) ਕਿਹੜੇ ਕਿਹੜੇ ਗੁਣ ਬਿਆਨ ਕਰ ਸਕਦੀ ਹੈ? ਹਜ਼ਾਰ ਫਣਾਂ ਵਾਲਾ ਸ਼ੇਸ਼ਨਾਗ (ਭੀ) (ਤੇਰੇ ਗੁਣਾਂ ਦਾ) ਅੰਤ ਨਹੀਂ ਜਾਣਦਾ । ਉਹ ਦਿਨ ਰਾਤ (ਤੇਰੇ) ਨਵੇਂ ਨਵੇਂ ਨਾਮ ਜਪਦਾ ਹੈ, ਪਰ, ਹੇ ਪ੍ਰਭੂ! ਉਹ ਤੇਰਾ ਇੱਕ ਭੀ ਗੁਣ ਬਿਆਨ ਨਹੀਂ ਕਰ ਸਕਦਾ ।੧੬।

ਓਟ ਗਹੀ ਜਗਤ ਪਿਤ ਸਰਣਾਇਆ ॥ ਭੈ ਭਇਆਨਕ ਜਮਦੂਤ ਦੁਤਰ ਹੈ ਮਾਇਆ ॥ ਹੋਹੁ ਕ੍ਰਿਪਾਲ ਇਛਾ ਕਰਿ ਰਾਖਹੁ ਸਾਧ ਸੰਤਨ ਕੈ ਸੰਗਿ ਸੰਗਾ ॥੧੭॥ ਦ੍ਰਿਸਟਿਮਾਨ ਹੈ ਸਗਲ ਮਿਥੇਨਾ ॥ ਇਕੁ ਮਾਗਉ ਦਾਨੁ ਗੋਬਿਦ ਸੰਤ ਰੇਨਾ ॥ ਮਸਤਕਿ ਲਾਇ ਪਰਮ ਪਦੁ ਪਾਵਉ ਜਿਸੁ ਪ੍ਰਾਪਤਿ ਸੋ ਪਾਵੈਗਾ ॥੧੮॥ ਜਿਨ ਕਉ ਕ੍ਰਿਪਾ ਕਰੀ ਸੁਖਦਾਤੇ ॥ ਤਿਨ ਸਾਧੂ ਚਰਣ ਲੈ ਰਿਦੈ ਪਰਾਤੇ ॥ ਸਗਲ ਨਾਮ ਨਿਧਾਨੁ ਤਿਨ ਪਾਇਆ ਅਨਹਦ ਸਬਦ ਮਨਿ ਵਾਜੰਗਾ ॥੧੯॥ ਕਿਰਤਮ ਨਾਮ ਕਥੇ ਤੇਰੇ ਜਿਹਬਾ ॥ ਸਤਿ ਨਾਮੁ ਤੇਰਾ ਪਰਾ ਪੂਰਬਲਾ ॥ ਕਹੁ ਨਾਨਕ ਭਗਤ ਪਏ ਸਰਣਾਈ ਦੇਹੁ ਦਰਸੁ ਮਨਿ ਰੰਗੁ ਲਗਾ ॥੨੦॥ ਤੇਰੀ ਗਤਿ ਮਿਤਿ ਤੂਹੈ ਜਾਣਹਿ ॥ ਤੂ ਆਪੇ ਕਥਹਿ ਤੈ ਆਪਿ ਵਖਾਣਹਿ ॥ ਨਾਨਕ ਦਾਸੁ ਦਾਸਨ ਕੋ ਕਰੀਅਹੁ ਹਰਿ ਭਾਵੈ ਦਾਸਾ ਰਾਖੁ ਸੰਗਾ ॥੨੧॥੨॥੧੧॥ {ਪੰਨਾ ੧੦੮੩}

ਪਦ ਅਰਥ :—ਗਹੀ—ਫੜੀ । ਜਗਤ ਪਿਤਾ—ਹੇ ਜਗਤ ਦੇ ਪਿਤਾ! ਭਇਆਨਕ—ਡਰਾਉਣੇ । ਦੁਤਰ—{ਦੁੱਤਰ} ਜਿਸ ਤੋਂ ਪਾਰ ਲੰਘਣਾ ਔਖਾ ਹੈ । ਇਛਾ—ਚੰਗੀ ਭਾਵਨਾ, ਮਿਹਰ ਦੀ ਨਿਗਾਹ । ਕਰਿ—ਕਰ ਕੇ । ਸੰਗਿ—ਨਾਲ ।੧੭।

ਦ੍ਰਿਸਟਿਮਾਨ—ਜੋ ਕੁਝ ਦਿੱਸ ਰਿਹਾ ਹੈ । ਮਿਥੇਨਾ—ਨਾਸਵੰਤ । ਮਾਗਉ—ਮਾਗਉਂ, ਮੈਂ ਮੰਗਦਾ ਹਾਂ । ਰੇਨਾ—ਚਰਨ-ਧੂੜ । ਮਸਤਕਿ—ਮੱਥੇ ਉਤੇ । ਲਾਇ—ਲਾ ਕੇ । ਪਰਮ ਪਦੁ—ਸਭ ਤੋਂ ਉੱਚਾ ਆਤਮਕ ਦਰਜਾ । ਪਾਵਉ—ਪਾਵਉਂ, ਮੈਂ ਪ੍ਰਾਪਤ ਕਰਾਂ । ਜਿਸੁ ਪ੍ਰਾਪਤਿ—ਜਿਸ ਦੇ ਭਾਗਾਂ ਵਿਚ ਪ੍ਰਾਪਤੀ ਲਿਖੀ ਹੋਈ ਹੈ ।੧੮।

ਕਰੀ—ਕੀਤੀ । ਜਿਨ ਕਉ—ਜਿਨ੍ਹਾਂ ਉੱਤੇ । ਰਿਦੈ—ਹਿਰਦੇ ਵਿਚ । ਪਰਾਤੇ—ਪਰੋਤੇ । ਨਾਮ ਨਿਧਾਨੁ—ਨਾਮ ਦਾ ਖ਼ਜ਼ਾਨਾ । ਅਨਹਦ—ਇਕ-ਰਸ । ਮਨਿ—ਮਨ ਵਿਚ । ਵਾਜੰਗਾ—ਵੱਜਦੇ ਹਨ ।

ਕਿਰਤਮ—ਬਣਾਏ ਹੋਏ, ਘੜੇ ਹੋਏ । ਪਰਾ ਪੂਰਬਲਾ—ਮੁੱਢ-ਕਦੀਮਾਂ ਦਾ । ਨਾਨਕ—ਹੇ ਨਾਨਕ! ਰੰਗੁ—ਆਤਮਕ ਆਨੰਦ ।੨੦।

ਗਤਿ—ਆਤਮਕ ਹਾਲਤ । ਮਿਤਿ—ਮਾਤ, ਮਿਣਤੀ । ਤੇਰੀ ਗਤਿ ਮਿਤਿ—ਤੂੰ ਕਿਹੋ ਜਿਹਾ ਹੈਂ ਤੇ ਕਿਤਨਾ ਵੱਡਾ ਹੈਂ—ਇਹ ਗੱਲ । ਤੈ—ਅਤੇ । ਕੋ—ਦਾ ।

ਦਾਸਾ ਸੰਗਾ—ਦਾਸਾਂ ਦੀ ਸੰਗਤਿ ਵਿਚ ।੨੧।

ਅਰਥ :—ਹੇ ਜਗਤ ਦੇ ਪਿਤਾ! ਮੈਂ ਤੇਰੀ ਓਟ ਲਈ ਹੈ, ਮੈਂ ਤੇਰੀ ਸਰਨ ਆਇਆ ਹਾਂ । ਜਮਦੂਤ ਬੜੇ ਡਰਾਉਣੇ ਹਨ, ਬੜੇ ਡਰ ਦੇ ਰਹੇ ਹਨ । ਮਾਇਆ (ਇਕ ਅਜਿਹਾ ਸਮੁੰਦਰ ਹੈ ਜਿਸ) ਵਿਚੋਂ ਪਾਰ ਲੰਘਣਾ ਔਖਾ ਹੈ । ਹੇ ਪ੍ਰਭੂ! ਦਇਆਵਾਨ ਹੋਹੁ, ਮੈਨੂੰ ਕਿਰਪਾ ਕਰ ਕੇ ਸਾਧ ਸੰਗਤਿ ਵਿਚ ਰੱਖ ।੧੭।

ਹੇ ਗੋਬਿੰਦ! ਇਹ ਦਿੱਸਦਾ ਪਸਾਰਾ ਸਭ ਨਾਸਵੰਤ ਹੈ । ਮੈਂ (ਤੇਰੇ ਪਾਸੋਂ) ਇਕ (ਇਹ) ਦਾਨ ਮੰਗਦਾ ਹਾਂ (ਕਿ ਮੈਨੂੰ) ਸੰਤ ਜਨਾਂ ਦੇ ਚਰਨਾਂ ਦੀ ਧੂੜ (ਮਿਲੇ) । (ਇਹ ਧੂੜ) ਮੈਂ (ਆਪਣੇ) ਮੱਥੇ ਉੱਤੇ ਲਾ ਕੇ ਸਭ ਤੋਂ ਉੱਚਾ ਆਤਮਕ ਦਰਜਾ ਹਾਸਲ ਕਰਾਂ । ਜਿਸ ਦੇ ਭਾਗਾਂ ਵਿਚ ਤੂੰ ਜਿਸ ਚਰਨ-ਧੂੜ ਦੀ ਪ੍ਰਾਪਤੀ ਲਿਖੀ ਹੈ ਉਹੀ ਹਾਸਲ ਕਰ ਸਕਦਾ ਹੈ ।੧੮।

ਹੇ ਸੁਖਾਂ ਦੇ ਦੇਣ ਵਾਲੇ! ਜਿਨ੍ਹਾਂ ਉਤੇ ਤੂੰ ਮਿਹਰ ਕਰਦਾ ਹੈਂ ਉਹ ਗੁਰੂ ਦੇ ਚਰਨਾਂ ਨੂੰ ਆਪਣੇ ਹਿਰਦੇ ਵਿਚ ਪ੍ਰੋ ਲੈਂਦੇ ਹਨ । ਉਹਨਾਂ ਨੂੰ ਸਾਰੇ ਖ਼ਜ਼ਾਨਿਆਂ ਤੋਂ ਸ੍ਰੇਸ਼ਟ ਨਾਮ-ਖ਼ਜ਼ਾਨਾ ਮਿਲ ਜਾਂਦਾ ਹੈ । ਉਹਨਾਂ ਦੇ ਮਨ ਵਿਚ (ਮਾਨੋ) ਇਕ-ਰਸ ਵਾਜੇ ਵੱਜਣ ਲੱਗ ਪੈਂਦੇ ਹਨ ।੧੯।

ਹੇ ਪ੍ਰਭੂ! (ਸਾਡੀ ਜੀਵਾਂ ਦੀ) ਜੀਭ ਤੇਰੇ ਉਹ ਨਾਮ ਉਚਾਰਦੀ ਹੈ ਜੋ ਨਾਮ (ਤੇਰੇ ਗੁਣ ਵੇਖ ਵੇਖ ਕੇ ਜੀਵਾਂ ਨੇ) ਬਣਾਏ ਹੋਏ ਹਨ । ਪਰ 'ਸਤਿਨਾਮੁ' ਤੇਰਾ ਮੁੱਢ-ਕਦੀਮਾਂ ਦਾ ਨਾਮ ਹੈ (ਭਾਵ, ਤੂੰ 'ਹੋਂਦ ਵਾਲਾ' ਹੈਂ, ਤੇਰੀ ਇਹ 'ਹੋਂਦ' ਜਗਤ-ਰਚਨਾ ਤੋਂ ਪਹਿਲਾਂ ਭੀ ਮੌਜੂਦ ਸੀ) । ਹੇ ਨਾਨਕ! ਆਖ—(ਹੇ ਪ੍ਰਭੂ!) ਤੇਰੇ ਭਗਤ ਤੇਰੀ ਸਰਨ ਪਏ ਰਹਿੰਦੇ ਹਨ, ਤੂੰ ਉਹਨਾਂ ਨੂੰ ਦਰਸਨ ਦੇਂਦਾ ਹੈਂ, ਉਹਨਾਂ ਦੇ ਮਨ ਵਿਚ ਆਨੰਦ ਬਣਿਆ ਰਹਿੰਦਾ ਹੈ ।੨੦।

ਹੇ ਪ੍ਰਭੂ! ਤੂੰ ਕਿਹੋ ਜਿਹਾ ਹੈਂ ਤੇ ਕੇਡਾ ਵੱਡਾ ਹੈਂ—ਇਹ ਗੱਲ ਤੂੰ ਆਪ ਹੀ ਜਾਣਦਾ ਹੈਂ । ਆਪਣੀ 'ਗਤਿ ਮਿਤਿ' ਤੂੰ ਦੱਸ ਸਕਦਾ ਹੈਂ ਤੇ ਆਪ ਹੀ ਬਿਆਨ ਕਰ ਸਕਦਾ ਹੈਂ । ਹੇ ਪ੍ਰਭੂ! ਨਾਨਕ ਨੂੰ ਆਪਣੇ ਦਾਸਾਂ ਦਾ ਦਾਸ ਬਣਾਈ ਰੱਖ । ਤੇ, ਹੇ ਹਰੀ! ਜੇ ਤੇਰੀ ਮਿਹਰ ਹੋਵੇ ਤਾਂ (ਨਾਨਕ ਨੂੰ) ਆਪਣੇ ਦਾਸਾਂ ਦੀ ਸੰਗਤਿ ਵਿਚ ਰੱਖ ।੨੧।੨।੧੧।

ਮਾਰੂ ਮਹਲਾ ੫ ॥ ਅਲਹ ਅਗਮ ਖੁਦਾਈ ਬੰਦੇ ॥ ਛੋਡਿ ਖਿਆਲ ਦੁਨੀਆ ਕੇ ਧੰਧੇ ॥ ਹੋਇ ਪੈ ਖਾਕ ਫਕੀਰ ਮੁਸਾਫਰੁ ਇਹੁ ਦਰਵੇਸੁ ਕਬੂਲੁ ਦਰਾ ॥੧॥ ਸਚੁ ਨਿਵਾਜ ਯਕੀਨ ਮੁਸਲਾ ॥ ਮਨਸਾ ਮਾਰਿ ਨਿਵਾਰਿਹੁ ਆਸਾ ॥ ਦੇਹ ਮਸੀਤਿ ਮਨੁ ਮਉਲਾਣਾ ਕਲਮ ਖੁਦਾਈ ਪਾਕੁ ਖਰਾ ॥੨॥ ਸਰਾ ਸਰੀਅਤਿ ਲੇ ਕੰਮਾਵਹੁ ॥ ਤਰੀਕਤਿ ਤਰਕ ਖੋਜਿ ਟੋਲਾਵਹੁ ॥ ਮਾਰਫਤਿ ਮਨੁ ਮਾਰਹੁ ਅਬਦਾਲਾ ਮਿਲਹੁ ਹਕੀਕਤਿ ਜਿਤੁ ਫਿਰਿ ਨ ਮਰਾ ॥੩॥ ਕੁਰਾਣੁ ਕਤੇਬ ਦਿਲ ਮਾਹਿ ਕਮਾਹੀ ॥ ਦਸ ਅਉਰਾਤ ਰਖਹੁ ਬਦ ਰਾਹੀ ॥ ਪੰਚ ਮਰਦ ਸਿਦਕਿ ਲੇ ਬਾਧਹੁ ਖੈਰਿ ਸਬੂਰੀ ਕਬੂਲ ਪਰਾ ॥੪॥ {ਪੰਨਾ ੧੦੮੩}

ਪਦ ਅਰਥ :—ਅਗਮ—ਅਪਹੁੰਚ ਰੱਬ । ਖੁਦਾਈ ਬੰਦੇ—ਖ਼ੁਦਾਈ ਬੰਦੇ, ਹੇ ਖ਼ੁਦਾ ਦੇ ਬੰਦੇ! ਧੰਧੇ—ਝੰਬੇਲੇ । ਪੈ ਖਾਕੁ ਫਕੀਰ—ਫ਼ਕੀਰਾਂ ਦੇ ਪੈਰਾਂ ਦੀ ਖ਼ਾਕ । ਹੋਇ—ਹੋ ਕੇ । ਮੁਸਾਫਰੁ—ਪਰਦੇਸੀ । ਦਰਾ—(ਪ੍ਰਭੂ ਦੇ) ਦਰ ਤੇ ।੧।

ਸਚੁ—ਸਦਾ-ਥਿਰ ਹਰਿ-ਨਾਮ ਦਾ ਸਿਮਰਨ । ਯਕੀਨ—ਸ਼ਰਧਾ । ਮੁਸਲਾ—ਮੁਸੱਲਾ, ਉਹ ਫੂਹੜੀ ਜਿਸ ਉੱਤੇ ਮੁਸਲਮਾਨ ਨਿਮਾਜ਼ ਪੜ੍ਹਦਾ ਹੈ । ਮਨਸਾ—ਮਨ ਦਾ ਫੁਰਨਾ । ਮਾਰਿ—ਮਾਰ ਕੇ । ਨਿਵਾਰਿਹੁ—ਦੂਰ ਕਰੋ । ਆਸਾ—(ਫ਼ਕੀਰ ਦਾ) ਸੋਟਾ । ਦੇਹ—ਸਰੀਰ । ਮਉਲਾਣਾ—ਮੌਲਵੀ । ਕਲਮ ਖੁਦਾਈ—ਖ਼ੁਦਾ ਦਾ ਕਲਮਾ । ਪਾਕੁ—ਪਵਿੱਤਰ ।੨।

ਸਰਾ ਸਰੀਅਤਿ—ਸ਼ਰਹ ਸ਼ਰੀਅਤਿ, ਧਾਰਮਿਕ ਰਹਿਣੀ, ਬਾਹਰਲੀ ਧਾਰਮਿਕ ਰਹਿਤ । ਲੇ—ਲੈ ਕੇ । ਤਰੀਕਤਿ—ਮਨ ਨੂੰ ਪਵਿੱਤਰ ਕਰਨ ਦਾ ਤਰੀਕਾ । ਤਰਕ—ਤਿਆਗ । ਖੋਜਿ—ਖੋਜ ਕੇ । ਟੋਲਾਵਹੁ—ਲੱਭੋ । ਮਾਰਫਤਿ—ਗਿਆਨ, ਆਤਮਕ ਜੀਵਨ ਦੀ ਸੂਝ । ਅਬਦਾਲਾ—ਹੇ ਅਬਦਾਲ ਫ਼ਕੀਰ! {ਫ਼ਕੀਰਾਂ ਦੇ ਪੰਜ ਦਰਜੇ—ਵਲੀ, ਗ਼ੌਂਸ, ਕੁਤਬ, ਅਬਦਾਲ, ਕਲੰਦਰ} । ਹਕੀਕਤਿ—ਮੁਸਲਮਾਨਾਂ ਅਨੁਸਾਰ ਚੌਥਾ ਪਦ ਜਿਥੇ ਰੱਬ ਨਾਲ ਮਿਲਾਪ ਹੋ ਜਾਂਦਾ ਹੈ । ਜਿਤੁ—ਜਿਸ (ਮਿਲਾਪ) ਦੀ ਰਾਹੀਂ । ਮਰਾ—ਮੌਤ, ਆਤਮਕ ਮੌਤ ।੩।

ਮਾਹਿ—ਵਿਚ । ਕਮਾਹੀ—ਕਮਾਹਿ, ਨਾਮ ਸਿਮਰਨ ਦੀ ਕਮਾਈ ਕਰ । ਦਸ ਅਉਰਾਤ—ਦਸ ਔਰਤਾਂ ਨੂੰ, ਦਸ ਇੰਦ੍ਰਿਆਂ ਨੂੰ । ਬਦ ਰਾਹੀ—ਭੈੜੇ ਰਾਹ ਤੋਂ । ਪੰਚ ਮਰਦ—ਕਾਮਾਦਿਕ ਪੰਜ ਸੂਰਮੇ । ਸਿਦਕਿ—ਸਿਦਕ ਦੀ ਰਾਹੀਂ । ਲੇ—ਲੈ ਕੇ, ਫੜ ਕੇ । ਬਾਧਹੁ—ਬੰਨ੍ਹ ਰੱਖੋ । ਖੈਰਿ—ਖ਼ੈਰ ਦੀ ਰਾਹੀਂ {ਖ਼ੈਰੁ—ਦਾਨ} । ਖੈਰਿ ਸਬੂਰੀ—ਸੰਤੋਖ ਦੇ ਖ਼ੈਰ ਦੀ ਰਾਹੀਂ । ਕਬੂਲ—ਪਰਵਾਨ ।੪।

ਅਰਥ :—ਹੇ ਅੱਲਾ ਦੇ ਬੰਦੇ! ਹੇ ਅਪਹੁੰਚ ਰੱਬ ਦੇ ਬੰਦੇ! ਹੇ ਖ਼ੁਦਾ ਦੇ ਬੰਦੇ! (ਨਿਰੇ) ਦੁਨੀਆ ਵਾਲੇ ਖ਼ਿਆਲ ਛੱਡ ਦੇਹ, (ਨਿਰੇ) ਦੁਨੀਆ ਦੇ ਝੰਬੇਲੇ ਛੱਡ ਦੇਹ । ਰੱਬ ਦੇ ਫ਼ਕੀਰਾਂ ਦੇ ਪੈਰਾਂ ਦੀ ਖ਼ਾਕ ਹੋ ਕੇ (ਦੁਨੀਆ ਵਿਚ) ਮੁਸਾਫ਼ਰ ਬਣਿਆ ਰਹੁ । ਇਹੋ ਜਿਹਾ ਫ਼ਕੀਰ ਰੱਬ ਦੇ ਦਰ ਤੇ ਕਬੂਲ ਹੋ ਜਾਂਦਾ ਹੈ ।੧।

ਹੇ ਖ਼ੁਦਾ ਦੇ ਬੰਦੇ! ਸਦਾ ਕਾਇਮ ਰਹਿਣ ਵਾਲੇ ਰੱਬ ਦੇ ਨਾਮ (ਦੀ ਯਾਦ) ਨੂੰ (ਆਪਣੀ) ਨਿਮਾਜ਼ ਬਣਾ । ਰੱਬ ਉਤੇ ਭਰੋਸਾ—ਇਹ ਤੇਰਾ ਮੁਸੱਲਾ ਹੋਵੇ । ਹੇ ਖ਼ੁਦਾ ਦੇ ਫ਼ਕੀਰ! (ਆਪਣੇ ਅੰਦਰੋਂ) ਮਨ ਦਾ ਫੁਰਨਾ ਮਾਰ ਕੇ ਮੁਕਾ ਦੇਹ—ਇਸ ਨੂੰ ਸੋਟਾ ਬਣਾ । (ਤੇਰਾ ਇਹ) ਸਰੀਰ (ਤੇਰੀ) ਮਸੀਤ ਹੋਵੇ, (ਤੇਰਾ) ਮਨ (ਉਸ ਮਸੀਤ ਵਿਚ) ਮੁੱਲਾਂ (ਬਣਿਆ ਰਹੇ) । (ਇਸ ਮਨ ਨੂੰ ਸਦਾ) ਪਵਿੱਤਰ ਤੇ ਸਾਫ਼ ਰੱਖ—ਇਹ ਤੇਰੇ ਵਾਸਤੇ ਖ਼ੁਦਾਈ ਕਲਮਾ ਹੈ ।੨।

ਹੇ ਖ਼ੁਦਾ ਦੇ ਬੰਦੇ! (ਖ਼ੁਦਾ ਦਾ ਨਾਮ) ਲੈ ਕੇ ਬੰਦਗੀ ਦੀ ਕਮਾਈ ਕਰਿਆ ਕਰ—ਇਹ ਹੈ ਅਸਲ ਸ਼ਰਹ ਸ਼ਰੀਅਤਿ (ਬਾਹਰਲੀ ਧਾਰਮਿਕ ਰਹਿਣੀ) । ਹੇ ਰੱਬ ਦੇ ਬੰਦੇ! (ਆਪਾ-ਭਾਵ) ਤਿਆਗ ਕੇ (ਆਪਣੇ ਅੰਦਰ-ਵੱਸਦੇ ਰੱਬ ਨੂੰ) ਖੋਜ ਕੇ ਲੱਭ—ਇਹ ਹੈ ਮਨ ਨੂੰ ਸਾਫ਼ ਰੱਖਣ ਦਾ ਤਰੀਕਾ । ਹੇ ਅਬਦਾਲ ਫ਼ਕੀਰ! ਆਪਣੇ ਮਨ ਨੂੰ ਵੱਸ ਵਿਚ ਰੱਖ—ਇਹ ਹੈ ਮਾਰਫ਼ਤਿ (ਆਤਮਕ ਜੀਵਨ ਦੀ ਸੂਝ) । ਰੱਬ ਨਾਲ ਮਿਲਿਆ ਰਹੁ—ਇਹ ਹੈ ਹਕੀਕਤਿ (ਚੌਥਾ ਪਦ) । (ਇਹ ਹਕੀਕਤਿ ਐਸੀ ਹੈ ਕਿ) ਇਸ ਦੀ ਰਾਹੀਂ ਮੁੜ ਆਤਮਕ ਮੌਤ ਨਹੀਂ ਹੁੰਦੀ ।੩।

ਹੇ ਖ਼ੁਦਾ ਦੇ ਬੰਦੇ! ਆਪਣੇ ਦਿਲ ਵਿਚ ਖ਼ੁਦਾ ਦੇ ਨਾਮ ਦੀ ਯਾਦ ਦੀ ਕਮਾਈ ਕਰਦਾ ਰਹੁ—ਇਹ ਹੈ ਕੁਰਾਨ, ਹੈ ਇਹ ਹੈ ਕਤੇਬਾਂ ਦੀ ਤਾਲੀਮ । ਹੇ ਖ਼ੁਦਾ ਦੇ ਬੰਦੇ! ਆਪਣੇ ਦਸ ਹੀ ਇੰਦ੍ਰਿਆਂ ਨੂੰ ਭੈੜੇ ਰਸਤੇ ਤੋਂ ਰੋਕ ਰੱਖ । ਸਿਦਕ ਦੀ ਮਦਦ ਨਾਲ ਪੰਜ ਕਾਮਾਦਿਕ ਸੂਰਮਿਆਂ ਨੂੰ ਫੜ ਕੇ ਬੰਨ੍ਹ ਰੱਖ । ਸੰਤੋਖ ਦੇ ਖ਼ੈਰ

ਦੀ ਬਰਕਤਿ ਨਾਲ ਤੂੰ ਖ਼ੁਦਾ ਦੇ ਦਰ ਤੇ ਕਬੂਲ ਹੋ ਜਾਹਿ`ਗਾ ।੪।

ਮਕਾ ਮਿਹਰ ਰੋਜਾ ਪੈ ਖਾਕਾ ॥ ਭਿਸਤੁ ਪੀਰ ਲਫਜ ਕਮਾਇ ਅੰਦਾਜਾ ॥ ਹੂਰ ਨੂਰ ਮੁਸਕੁ ਖੁਦਾਇਆ, ਬੰਦਗੀ ਅਲਹ ਆਲਾ ਹੁਜਰਾ ॥੫॥ ਸਚੁ ਕਮਾਵੈ ਸੋਈ ਕਾਜੀ ॥ ਜੋ ਦਿਲੁ ਸੋਧੈ ਸੋਈ ਹਾਜੀ ॥ ਸੋ ਮੁਲਾ ਮਲਊਨ ਨਿਵਾਰੈ ਸੋ ਦਰਵੇਸੁ ਜਿਸੁ ਸਿਫਤਿ ਧਰਾ ॥੬॥ ਸਭੇ ਵਖਤ ਸਭੇ ਕਰਿ ਵੇਲਾ ॥ ਖਾਲਕੁ ਯਾਦਿ ਦਿਲੈ ਮਹਿ ਮਉਲਾ ॥ ਤਸਬੀ ਯਾਦਿ ਕਰਹੁ ਦਸ ਮਰਦਨੁ ਸੁੰਨਤਿ ਸੀਲੁ ਬੰਧਾਨਿ ਬਰਾ ॥੭॥ ਦਿਲ ਮਹਿ ਜਾਨਹੁ ਸਭ ਫਿਲਹਾਲਾ ॥ ਖਿਲਖਾਨਾ ਬਿਰਾਦਰ ਹਮੂ ਜੰਜਾਲਾ ॥ ਮੀਰ ਮਲਕ ਉਮਰੇ ਫਾਨਾਇਆ ਏਕ ਮੁਕਾਮ ਖੁਦਾਇ ਦਰਾ ॥੮॥ {ਪੰਨਾ ੧੦੮੩-੧੦੮੪}

ਪਦ ਅਰਥ :—ਮਕਾ—ਮੱਕਾ; ਦੇਸ ਅਰਬ ਦਾ ਉਹ ਪ੍ਰਸਿੱਧ ਸ਼ਹਿਰ ਜਿਸ ਦਾ ਦਰਸਨ ਕਰਨ ਹਰ ਸਾਲ ਮੁਸਲਮਾਨ ਦੂਰੋਂ ਦੂਰੋਂ ਅੱਪੜਦੇ ਹਨ, ਹਜ਼ਰਤ ਮੁਹੰਮਦ ਸਾਹਿਬ ਮੱਕੇ ਵਿਚ ਹੀ ਪੈਦਾ ਹੋਏ ਸਨ । ਮਿਹਰ—ਤਰਸ, ਦਇਆ । ਰੋਜਾ—ਰੋਜ਼ਾ । ਪੈ ਖਾਕਾ—ਸਭਨਾਂ ਦੇ ਪੈਰਾਂ ਦੀ ਖ਼ਾਕ ਹੋਣਾ । ਭਿਸਤੁ—ਬਹਿਸ਼ਤ । ਪੀਰ ਲਫਜ—ਗੁਰੂ ਦੇ ਬਚਨ । ਅੰਦਾਜਾ—ਅੰਦਾਜ਼ੇ ਨਾਲ, ਪੂਰੇ ਤੌਰ ਤੇ । ਹੂਰ—ਬਹਿਸ਼ਤ ਦੀਆਂ ਸੁੰਦਰ ਇਸਤ੍ਰੀਆਂ । ਨੂਰ—ਪਰਮਾਤਮਾ ਦਾ ਪ੍ਰਕਾਸ਼ । ਮੁਸਕੁ—ਸੁਗੰਧੀ । ਖੁਦਾਇਆ—ਖ਼ੁਦਾ ਦੀ ਬੰਦਗੀ । ਬੰਦਗੀ ਅਲਹ—ਅੱਲਾ ਦੀ ਬੰਦਗੀ । ਆਲਾ—ਆਹਲਾ, ਸ੍ਰੇਸ਼ਟ । ਹੁਜਰਾ—ਬੰਦਗੀ ਕਰਨ ਲਈ ਵੱਖਰਾ ਨਿੱਕਾ ਜਿਹਾ ਕਮਰਾ ।੫।

ਸਚੁ—ਸਦਾ ਕਾਇਮ ਰਹਿਣ ਵਾਲੇ ਖ਼ੁਦਾ ਦੀ ਯਾਦ । ਸੋਧੈ—ਸੋਧਦਾ ਹੈ, ਪੜਤਾਲਦਾ ਹੈ ਪਵਿੱਤਰ ਰੱਖਦਾ ਹੈ । ਹਾਜੀ—ਮੱਕੇ ਦਾ ਹੱਜ ਕਰਨ ਵਾਲਾ, ਹੱਜ ਦੇ ਮੌਕੇ ਤੇ ਮੱਕੇ ਦਾ ਦਰਸਨ ਕਰਨ ਵਾਲਾ । ਮਲਊਨ—ਵਿਕਾਰਾਂ ਨੂੰ । ਨਿਵਾਰੈ—ਦੂਰ ਕਰਦਾ ਹੈ । ਜਿਸੁ ਧਰਾ—ਜਿਸ ਦਾ ਆਸਰਾ ।੬।

ਵਖਤ—ਵਕਤ {ਲਫ਼ਜ਼ 'ਵਕਤ' ਮੁਸਲਮਾਨੀ ਲਫ਼ਜ਼ ਹੈ, ਅਤੇ 'ਵੇਲਾ' ਹੇਂਦਕਾ ਲਫ਼ਜ਼ ਹੈ} । ਖਾਲਕੁ—ਖ਼ਲਕਤ ਨੂੰ ਪੈਦਾ ਕਰਨ ਵਾਲਾ । ਦਸ ਮਰਦਨੁ—ਦਸਾਂ (ਇੰਦ੍ਰਿਆਂ) ਨੂੰ ਮਲ ਦੇਣ ਵਾਲਾ ਰੱਬ, ਦਸਾਂ ਇੰਦ੍ਰਿਆਂ ਨੂੰ ਵੱਸ ਵਿਚ ਕਰਾ ਦੇਣ ਵਾਲਾ ਅੱਲਾ । ਸੀਲੁ—ਚੰਗਾ ਸੁਭਾਉ । ਬੰਧਾਨਿ—ਪਰਹੇਜ਼, ਵਿਕਾਰਾਂ ਵਲੋਂ ਸੰਕੋਚ । ਬਰਾ—ਸ੍ਰੇਸ਼ਟ ।੭।

ਸਭ—ਸਾਰੀ ਸ੍ਰਿਸ਼ਟੀ । ਫਿਲਹਾਲਾ—ਨਾਸਵੰਤ, ਚੰਦ-ਰੋਜ਼ਾ । ਬਿਰਾਦਰ—ਹੇ ਭਾਈ! ਖਿਲਖਾਨਾ—ਟੱਬਰ-ਟੋਰ । ਹਮੂ—ਸਾਰਾ । ਮੀਰ—ਸ਼ਾਹ । ਉਮਰੇ—ਅਮੀਰ ਲੋਕ । ਫਾਨਾਇਆ—ਨਾਸਵੰਤ, ਫ਼ਨਾਹ ਹੋਣ ਵਾਲੇ । ਮੁਕਾਮ—ਕਾਇਮ ਰਹਿਣ ਵਾਲਾ ।੮।

ਅਰਥ :—ਹੇ ਖ਼ੁਦਾ ਦੇ ਬੰਦੇ! (ਦਿਲ ਵਿਚ ਸਭਨਾਂ ਵਾਸਤੇ) ਤਰਸ ਨੂੰ (ਹੱਜ-ਅਸਥਾਨ) ਮੱਕਾ (ਸਮਝ) । (ਸਭ ਦੇ) ਪੈਰਾਂ ਦੀ ਖ਼ਾਕ ਹੋਏ ਰਹਿਣਾ (ਅਸਲ) ਰੋਜ਼ਾ ਹੈ । ਗੁਰੂ ਦੇ ਬਚਨਾਂ ਉਤੇ ਪੂਰੇ ਤੌਰ ਤੇ ਤੁਰਨਾ—ਇਹ ਹੈ ਬਹਿਸ਼ਤ । ਖ਼ੁਦਾ ਦੇ ਨੂਰ ਦਾ ਜ਼ਹੂਰ ਹੀ ਹੂਰਾਂ ਹਨ, ਖ਼ੁਦਾ ਦੀ ਬੰਦਗੀ ਹੀ ਕਸਤੂਰੀ ਹੈ । ਖ਼ੁਦਾ ਦੀ ਬੰਦਗੀ ਹੀ ਸਭ ਤੋਂ ਵਧੀਆ ਹੁਜਰਾ ਹੈ (ਜਿੱਥੇ ਮਨ ਵਿਕਾਰਾਂ ਵੱਲੋਂ ਹਟ ਕੇ ਇੱਕ ਟਿਕਾਣੇ ਤੇ ਰਹਿ ਸਕਦਾ ਹੈ) ।੫।

ਹੇ ਖ਼ੁਦਾ ਦੇ ਬੰਦੇ! ਜਿਹੜਾ ਮਨੁੱਖ ਸਦਾ ਕਾਇਮ ਰਹਿਣ ਵਾਲੇ ਅੱਲਾ ਦੀ ਬੰਦਗੀ ਕਰਦਾ ਹੈ ਉਹ ਹੈ (ਅਸਲ) ਕਾਜ਼ੀ । ਜਿਹੜਾ ਮਨੁੱਖ ਆਪਣੇ ਦਿਲ ਨੂੰ ਪਵਿੱਤਰ ਰੱਖਣ ਦਾ ਜਤਨ ਕਰਦਾ ਰਹਿੰਦਾ ਹੈ ਉਹੀ ਹੈ (ਅਸਲ) ਹੱਜ ਕਰਨ ਵਾਲਾ । ਜਿਹੜਾ ਮਨੁੱਖ (ਆਪਣੇ ਅੰਦਰੋਂ) ਵਿਕਾਰਾਂ ਨੂੰ ਦੂਰ ਕਰਦਾ ਹੈ ਉਹ (ਅਸਲ) ਮੁੱਲਾਂ ਹੈ । ਜਿਸ ਮਨੁੱਖ ਨੂੰ ਖ਼ੁਦਾ ਦੀ ਸਿਫ਼ਤਿ-ਸਾਲਾਹ ਦਾ ਸਹਾਰਾ ਹੈ ਉਹ ਹੈ (ਅਸਲ) ਫ਼ਕੀਰ ।੬।

ਹੇ ਖ਼ੁਦਾ ਦੇ ਬੰਦੇ! ਹਰ ਵਕਤ ਹਰ ਵੇਲੇ ਖ਼ਾਲਕ ਨੂੰ ਮੌਲਾ ਨੂੰ ਆਪਣੇ ਦਿਲ ਵਿਚ ਯਾਦ ਕਰਦਾ ਰਹੁ । ਹਰ ਵੇਲੇ ਖ਼ੁਦਾ ਨੂੰ ਯਾਦ ਕਰਦੇ ਰਹੋ—ਇਹੀ ਹੈ ਤਸਬੀ । ਉਹ ਖ਼ੁਦਾ ਹੀ ਦਸਾਂ ਇੰਦ੍ਰਿਆਂ ਨੂੰ ਵੱਸ ਵਿਚ ਲਿਆ ਸਕਦਾ ਹੈ । ਹੇ ਖ਼ੁਦਾ ਦੇ ਬੰਦੇ! ਚੰਗਾ ਸੁਭਾਉ ਅਤੇ (ਵਿਕਾਰਾਂ ਵਲੋਂ) ਤਕੜਾ ਪਰਹੇਜ਼ ਹੀ ਸੁੰਨਤਿ (ਸਮਝ) ।੭।

ਹੇ ਅੱਲਾ ਦੇ ਬੰਦੇ! ਸਾਰੀ ਰਚਨਾ ਨੂੰ ਆਪਣੇ ਦਿਲ ਵਿਚ ਨਾਸਵੰਤ ਜਾਣ । ਹੇ ਭਾਈ! ਇਹ ਟੱਬਰ-ਟੋਰ (ਦਾ ਮੋਹ) ਸਭ ਫਾਹੀਆਂ (ਵਿਚ ਫਸਾਣ ਵਾਲਾ ਹੀ) ਹੈ । ਸ਼ਾਹ, ਪਾਤਿਸ਼ਾਹ, ਅਮੀਰ ਲੋਕ ਸਭ ਨਾਸਵੰਤ ਹਨ । ਸਿਰਫ਼ ਖ਼ੁਦਾ ਦਾ ਦਰ ਹੀ ਸਦਾ ਕਾਇਮ ਰਹਿਣ ਵਾਲਾ ਹੈ ।੮।

ਅਵਲਿ ਸਿਫਤਿ ਦੂਜੀ ਸਾਬੂਰੀ ॥ ਤੀਜੈ ਹਲੇਮੀ ਚਉਥੈ ਖੈਰੀ ॥ ਪੰਜਵੈ ਪੰਜੇ ਇਕਤੁ ਮੁਕਾਮੈ ਏਹਿ ਪੰਜਿ ਵਖਤ ਤੇਰੇ ਅਪਰਪਰਾ ॥੯॥ ਸਗਲੀ ਜਾਨਿ ਕਰਹੁ ਮਉਦੀਫਾ ॥ ਬਦ ਅਮਲ ਛੋਡਿ ਕਰਹੁ ਹਥਿ ਕੂਜਾ ॥ ਖੁਦਾਇ ਏਕੁ ਬੁਝਿ ਦੇਵਹੁ ਬਾਂਗਾਂ ਬੁਰਗੂ ਬਰਖੁਰਦਾਰ ਖਰਾ ॥੧੦॥ ਹਕੁ ਹਲਾਲੁ ਬਖੋਰਹੁ ਖਾਣਾ ॥ ਦਿਲ ਦਰੀਆਉ ਧੋਵਹੁ ਮੈਲਾਣਾ ॥ ਪੀਰੁ ਪਛਾਣੈ ਭਿਸਤੀ ਸੋਈ ਅਜਰਾਈਲੁ ਨ ਦੋਜ ਠਰਾ ॥੧੧॥ ਕਾਇਆ ਕਿਰਦਾਰ ਅਉਰਤ ਯਕੀਨਾ ॥ ਰੰਗ ਤਮਾਸੇ ਮਾਣਿ ਹਕੀਨਾ ॥ ਨਾਪਾਕ ਪਾਕੁ ਕਰਿ ਹਦੂਰਿ ਹਦੀਸਾ ਸਾਬਤ ਸੂਰਤਿ ਦਸਤਾਰ ਸਿਰਾ ॥੧੨॥ {ਪੰਨਾ ੧੦੮੪}

ਪਦ ਅਰਥ :—ਅਵਲਿ—(ਨਿਮਾਜ਼ ਦਾ) ਪਹਿਲਾ (ਵਕਤ) । ਦੂਜੀ—ਦੂਜੀ (ਨਿਮਾਜ਼) । ਸਾਬੂਰੀ—ਸੰਤੋਖ । ਤੀਜੈ—(ਨਿਮਾਜ਼ ਦੇ) ਤੀਜੇ (ਵਕਤ) ਵਿਚ । ਹਲੇਮੀ—ਨਿਮ੍ਰਤਾ । ਚਉਥੈ—ਚੌਥੈ (ਵਕਤ) ਵਿਚ । ਖੈਰੀ—ਸਭ ਦਾ ਭਲਾ ਮੰਗਣਾ । ਪੰਜੇ—(ਕਾਮਾਦਿਕ) ਪੰਜ ਹੀ । ਇਕਤੁ—ਇੱਕ ਵਿਚ । ਇਕਤੁ ਮੁਕਾਮੈ—ਇੱਕੋ ਥਾਂ ਵਿਚ, ਵੱਸ ਵਿਚ (ਰੱਖਣੇ) । ਏਹਿ—{ਲਫ਼ਜ਼ 'ਏਹ' ਤੋਂ ਬਹੁ-ਵਚਨ} । ਵਖਤ—ਨਿਮਾਜ਼ ਦੇ ਵਕਤ । ਅਪਰ ਪਰਾ—ਪਰੇ ਤੋਂ ਪਰੇ, ਬਹੁਤ ਵਧੀਆ ।੯।

ਸਗਲੀ—ਸਾਰੀ (ਸ੍ਰਿਸ਼ਟੀ) ਵਿਚ । ਮਉਦੀਫਾ—ਵਜ਼ੀਫ਼ਾ, ਇਸਲਾਮੀ ਸਰਧਾ ਅਨੁਸਾਰ ਸਦਾ ਜਾਰੀ ਰੱਖਣ ਵਾਲਾ ਇਕ ਪਾਠ । ਬਦ ਅਮਲ—ਭੈੜੇ ਕੰਮ । ਹਥਿ—ਹੱਥ ਵਿਚ । ਕੂਜਾ—ਕੂਜ਼ਾ, ਲੋਟਾ, ਅਸਤਾਵਾ । ਬੁਝਿ—ਸਮਝ ਕੇ । ਬੁਰਗੂ—ਸਿੰਙ ਜੋ ਮੁਸਲਮਾਨ ਫ਼ਕੀਰ ਵਜਾਂਦੇ ਹਨ । ਬਰਖੁਰਦਾਰ—ਭਲਾ ਬੱਚਾ । ਖਰਾ—ਚੰਗਾ ।੧੦।

ਹਕੁ—ਹੱਕ ਦੀ ਕਮਾਈ, ਆਪਣੀ ਨੇਕ ਮਿਹਨਤ ਨਾਲ ਖੱਟੀ ਹੋਈ ਮਾਇਆ । ਬਖੋਰਹੁ—ਖਾਵੋ । ਮੈਲਾਣਾ—ਵਿਕਾਰਾਂ ਦੀ ਮੈਲ । ਪੀਰੁ—ਗੁਰੂ, ਰਾਹਬਰ ।

ਭਿਸਤੀ—ਬਹਿਸ਼ਤ ਦਾ ਹੱਕਦਾਰ । ਦੋਜ—ਦੋਜ਼ਕ (ਵਿਚ) । ਠਰਾ—ਠੇਹਲਦਾ, ਸੁੱਟਦਾ ।੧੧।

ਕਾਇਆ—ਸਰੀਰ । ਕਿਰਦਾਰ—ਅਮਲ, ਚੰਗੇ ਮੰਦੇ ਕਰਮ । ਅਉਰਤ—ਇਸਤ੍ਰੀ । ਅਉਰਤ ਯਕੀਨਾ—ਪਤਿਬ੍ਰਤਾ ਇਸਤ੍ਰੀ । ਹਕੀਨਾ—ਹੱਕ ਦੇ, ਰੱਬੀ ਮਿਲਾਪ ਦੇ । ਨਾਪਾਕ—ਅਪਵਿੱਤਰ । ਪਾਕੁ—ਪਵਿੱਤਰ । ਹਦੀਸ—ਪੈਗ਼ੰਬਰੀ ਪੁਸਤਕ ਜਿਸ ਨੂੰ ਕੁਰਾਨ ਤੋਂ ਦੂਜਾ ਦਰਜਾ ਦਿੱਤਾ ਜਾਂਦਾ ਹੈ, ਇਸ ਵਿਚ ਮੁਸਲਮਾਨੀ ਸ਼ਰਹ ਦੀ ਹਿਦਾਇਤ ਹੈ । ਹਦੂਰਿ ਹਦੀਸਾ—ਹਜ਼ੂਰੀ ਹਦੀਸ, ਰੱਬੀ ਸ਼ਰਹ ਦੀ ਪੁਸਤਕ । ਸਾਬਤ ਸੂਰਤਿ—(ਸੁੰਨਤਿ, ਲਬਾਂ ਕੱਟਣ ਆਦਿਕ ਦੀ ਸ਼ਰਹ ਨਾਹ ਕਰ ਕੇ) ਸਰੀਰ ਨੂੰ ਜਿਉਂ ਕਾ ਤਿਉਂ ਰੱਖਣਾ । ਦਸਤਾਰ ਸਿਰਾ—ਸਿਰ ਉਤੇ ਦਸਤਾਰ (ਦਾ ਕਾਰਨ ਬਣਦੀ ਹੈ), ਇੱਜ਼ਤ-ਆਦਰ ਦਾ ਵਸੀਲਾ ਹੈ ।੧੨।

ਅਰਥ :—ਹੇ ਖ਼ੁਦਾ ਦੇ ਬੰਦੇ! (ਤੇਰੀ ਉਮਰ ਦੇ) ਇਹ ਪੰਜ ਵੇਲੇ ਤੇਰੇ ਵਾਸਤੇ ਬੜੇ ਹੀ ਲਾਭਦਾਇਕ ਹੋ ਸਕਦੇ ਹਨ (ਜੇ ਤੂੰ) ਪਹਿਲੇ ਵਕਤ ਵਿਚ ਰੱਬ ਦੀ ਸਿਫ਼ਤਿ-ਸਾਲਾਹ ਕਰਦਾ ਰਹੇਂ, ਜੇ ਸੰਤੋਖ ਤੇਰੀ ਦੂਜੀ ਨਿਮਾਜ਼ ਹੋਵੇ, ਨਿਮਾਜ਼ ਦੇ ਤੀਜੇ ਵਕਤ ਵਿਚ ਤੂੰ ਨਿਮ੍ਰਤਾ ਧਾਰਨ ਕਰੇਂ, ਜੇ ਚੌਥੇ ਵਕਤ ਵਿਚ ਤੂੰ ਸਭ ਦਾ ਭਲਾ ਮੰਗੇਂ, ਜੇ ਪੰਜਵੇਂ ਵਕਤ ਵਿਚ ਤੂੰ ਕਾਮਾਦਿਕ ਪੰਜਾਂ ਨੂੰ ਹੀ ਵੱਸ ਵਿਚ ਰੱਖੇਂ (ਭਾਵ, ਰੱਬ ਦੀ ਸਿਫ਼ਤਿ-ਸਾਲਾਹ, ਸੰਤੋਖ, ਨਿਮ੍ਰਤਾ, ਸਭ ਦਾ ਭਲਾ ਮੰਗਣਾ, ਕਾਮਾਦਿਕ ਪੰਜਾਂ ਨੂੰ ਹੀ ਵੱਸ ਵਿਚ ਰੱਖਣਾ—ਇਹ ਪੰਜ ਹਨ ਆਤਮਕ ਜੀਵਨ ਦੀਆਂ ਪੰਜ ਨਿਮਾਜ਼ਾਂ, ਤੇ, ਇਹ ਜੀਵਨ ਨੂੰ ਬਹੁਤ ਉੱਚਾ ਕਰਦੀਆਂ ਹਨ) ।੯।

ਹੇ ਅੱਲਾ ਦੇ ਬੰਦੇ! ਸਾਰੀ ਸ੍ਰਿਸ਼ਟੀ ਵਿਚ ਇਕੋ ਖ਼ੁਦਾ ਨੂੰ ਵੱਸਦਾ ਜਾਣ—ਇਸ ਨੂੰ ਤੂੰ ਆਪਣਾ ਹਰ ਵੇਲੇ ਦਾ ਰੱਬੀ ਸਲਾਮ ਦਾ ਪਾਠ ਬਣਾਈ ਰੱਖ । ਮੰਦੇ ਕਰਮ ਕਰਨੇ ਛੱਡ ਦੇ—ਇਹ ਪਾਣੀ ਦਾ ਲੋਟਾ ਤੂੰ ਆਪਣੇ ਹੱਥ ਵਿਚ ਫੜ (ਸਰੀਰਕ ਸੁਅੱਛਤਾ ਵਾਸਤੇ) । ਇਹ ਯਕੀਨ ਬਣਾ ਕਿ ਸਾਰੀ ਹੀ ਖ਼ਲਕਤ ਦਾ ਇਕੋ ਖ਼ੁਦਾ ਹੈ—ਇਹ ਸਦਾ ਬਾਂਗ ਦਿਆ ਕਰ । ਹੇ ਫ਼ਕੀਰ ਸਾਈਂ! ਖ਼ੁਦਾ ਦਾ ਚੰਗਾ ਪੁੱਤਰ ਬਣਨ ਦਾ ਜਤਨ ਕਰਿਆ ਕਰ—ਇਹ ਸਿੰਙ ਵਜਾਇਆ ਕਰ ।੧੦।

ਹੇ ਖ਼ੁਦਾ ਦੇ ਬੰਦੇ! ਹੱਕ ਦੀ ਕਮਾਈ ਕਰਿਆ ਕਰ—ਇਹ ਹੈ 'ਹਲਾਲ', ਇਹ, ਖਾਣਾ ਖਾਇਆ ਕਰ । (ਦਿਲ ਵਿਚੋਂ ਵਿਤਕਰੇ ਕੱਢ ਕੇ) ਦਿਲ ਨੂੰ ਦਰੀਆ ਬਣਾਣ ਦਾ ਜਤਨ ਕਰ, (ਇਸ ਤਰ੍ਹਾਂ) ਦਿਲ ਦੀ (ਵਿਕਾਰਾਂ ਦੀ) ਮੈਲ ਧੋਇਆ ਕਰ । ਹੇ ਅੱਲਾ ਦੇ ਬੰਦੇ! ਜਿਹੜਾ ਮਨੁੱਖ ਆਪਣੇ ਗੁਰੂ-ਪੀਰ (ਦੇ ਹੁਕਮ) ਨੂੰ ਪਛਾਣਦਾ ਹੈ, ਉਹ ਬਹਿਸ਼ਤ ਦਾ ਹੱਕਦਾਰ ਬਣ ਜਾਂਦਾ ਹੈ, ਅਜ਼ਰਾਈਲ ਉਸ ਨੂੰ ਦੋਜ਼ਕ ਵਿਚ ਨਹੀਂ ਸੁੱਟਦਾ ।੧੧।

ਹੇ ਖ਼ੁਦਾ ਦੇ ਬੰਦੇ! ਆਪਣੇ ਇਸ ਸਰੀਰ ਨੂੰ, ਜਿਸ ਦੀ ਰਾਹੀਂ ਸਦਾ ਚੰਗੇ ਮੰਦੇ ਕਰਮ ਕੀਤੇ ਜਾਂਦੇ ਹਨ ਆਪਣੀ ਵਫ਼ਾਦਾਰ ਔਰਤ (ਪਤਿਬ੍ਰਤਾ ਇਸਤ੍ਰੀ) ਬਣਾ, (ਤੇ, ਵਿਕਾਰਾਂ ਦੇ ਰੰਗ-ਤਮਾਸ਼ੇ ਮਾਣਨ ਦੇ ਥਾਂ, ਇਸ ਪਤਿਬ੍ਰਤਾ ਇਸਤ੍ਰੀ ਦੀ ਰਾਹੀਂ) ਰੱਬੀ ਮਿਲਾਪ ਦੇ ਰੰਗ-ਤਮਾਸ਼ੇ ਮਾਣਿਆ ਕਰ । ਹੇ ਅੱਲਾ ਦੇ ਬੰਦੇ! (ਵਿਕਾਰਾਂ ਵਿਚ) ਮਲੀਨ ਹੋ ਰਹੇ ਮਨ ਨੂੰ ਪਵਿੱਤਰ ਕਰਨ ਦਾ ਜਤਨ ਕਰ—ਇਹੀ ਹੈ ਰੱਬੀ ਮਿਲਾਪ ਪੈਦਾ ਕਰਨ ਵਾਲੀ ਸ਼ਰਹ ਦੀ ਕਿਤਾਬ । (ਸੁੰਨਤਿ, ਲਬਾਂ ਕਟਾਣ ਆਦਿਕ ਸ਼ਰਹ ਨੂੰ ਛੱਡ ਕੇ) ਆਪਣੀ ਸ਼ਕਲ ਨੂੰ ਜਿਉਂ ਕਾ ਤਿਉਂ ਰੱਖ—ਇਹ (ਲੋਕ ਪਰਲੋਕ ਵਿਚ) ਇੱਜ਼ਤ-ਆਦਰ ਪ੍ਰਾਪਤ ਕਰਨ ਦਾ ਵਸੀਲਾ ਬਣ ਜਾਂਦਾ ਹੈ ।੧੨।

ਮੁਸਲਮਾਣੁ ਮੋਮ ਦਿਲਿ ਹੋਵੈ ॥ ਅੰਤਰ ਕੀ ਮਲੁ ਦਿਲ ਤੇ ਧੋਵੈ ॥ ਦੁਨੀਆ ਰੰਗ ਨ ਆਵੈ ਨੇੜੈ ਜਿਉ ਕੁਸਮ ਪਾਟੁ ਘਿਉ ਪਾਕੁ ਹਰਾ ॥੧੩॥ ਜਾ ਕਉ ਮਿਹਰ ਮਿਹਰ ਮਿਹਰਵਾਨਾ ॥ ਸੋਈ ਮਰਦੁ ਮਰਦੁ ਮਰਦਾਨਾ ॥ ਸੋਈ ਸੇਖੁ ਮਸਾਇਕੁ ਹਾਜੀ ਸੋ ਬੰਦਾ ਜਿਸੁ ਨਜਰਿ ਨਰਾ ॥੧੪॥ ਕੁਦਰਤਿ ਕਾਦਰ ਕਰਣ ਕਰੀਮਾ ॥ ਸਿਫਤਿ ਮੁਹਬਤਿ ਅਥਾਹ ਰਹੀਮਾ ॥ ਹਕੁ ਹੁਕਮੁ ਸਚੁ ਖੁਦਾਇਆ ਬੁਝਿ ਨਾਨਕ ਬੰਦਿ ਖਲਾਸ ਤਰਾ ॥੧੫॥੩॥੧੨॥ {ਪੰਨਾ ੧੦੮੪}

ਪਦ ਅਰਥ :—ਦਿਲਿ—ਦਿਲ ਵਾਲਾ । ਮੋਮ ਦਿਲਿ—ਮੋਮ ਵਰਗੇ (ਨਰਮ) ਦਿਲ ਵਾਲਾ । ਅੰਤਰ ਕੀ—ਅੰਦਰ ਦੀ, ਅੰਦਰਲੀ । ਤੇ—ਤੋਂ । ਕੁਸਮ—ਫੁੱਲ । ਪਾਟੁ—ਪੱਟ, ਰੇਸ਼ਮ । ਪਾਕੁ—ਪਵਿੱਤਰ । ਹਰਾ—{ਹਾਰਿਣ} ਹਰਨ ਦੀ ਖੱਲ, ਮ੍ਰਿਗ ਛਾਲਾ ।੧੩।

ਮਰਦਾਨਾ—ਸੂਰਮਾ । ਸੇਖੁ—ਸ਼ੇਖ਼ । ਨਰਾ—ਨਰਹਰ, ਪਰਮਾਤਮਾ ।੧੪।

ਕੁਦਰਤਿ ਕਾਦਰ—ਕਾਦਰ ਦੀ ਕੁਦਰਤਿ ਨੂੰ, ਕਰਤਾਰ ਦੀ ਰਚੀ ਰਚਨਾ ਨੂੰ । ਕਰਣ ਕਰੀਮਾ—ਕਰੀਮ ਦੇ ਕਰਣ ਨੂੰ, ਬਖ਼ਸ਼ਿੰਦ ਪ੍ਰਭੂ ਦੇ ਰਚੇ ਜਗਤ ਨੂੰ । ਰਹੀਮ—ਰਹਿਮ ਕਰਨ ਵਾਲਾ ਰੱਬ । ਮੁਹਬਤਿ—ਮੁਹੱਬਤਿ, ਪਿਆਰ । ਹਕੁ—ਸਦਾ ਕਾਇਮ ਰਹਿਣ ਵਾਲੇ ਪਰਮਾਤਮਾ ਦੇ ਨਾਮ ਨੂੰ । ਬੁਝਿ—ਸਮਝ ਕੇ । ਬੰਦਿ—ਮਾਇਆ ਦੇ ਮੋਹ ਦੇ ਬੰਧਨ । ਤਰਾ—ਤਰ ਜਾਈਦਾ ਹੈ ।੧੫।

ਅਰਥ :—ਹੇ ਖ਼ੁਦਾ ਦੇ ਬੰਦੇ! (ਅਸਲ) ਮੁਸਲਮਾਨ ਉਹ ਹੈ ਜੋ ਮੋਮ ਵਰਗੇ ਨਰਮ ਦਿਲ ਵਾਲਾ ਹੁੰਦਾ ਹੈ ਅਤੇ ਜੋ ਆਪਣੇ ਦਿਲ ਤੋਂ ਅੰਦਰਲੀ (ਵਿਕਾਰਾਂ ਦੀ) ਮੈਲ ਧੋ ਦੇਂਦਾ ਹੈ । (ਉਹ ਮੁਸਲਮਾਨ) ਦੁਨੀਆ ਦੇ ਰੰਗ-ਤਮਾਸ਼ਿਆਂ ਦੇ ਨੇੜੇ ਨਹੀਂ ਢੁਕਦਾ (ਜੋ ਇਉਂ ਪਵਿੱਤਰ ਰਹਿੰਦਾ ਹੈ) ਜਿਵੇਂ ਫੁੱਲ ਰੇਸ਼ਮ ਘਿਉ ਅਤੇ ਮ੍ਰਿਗਛਾਲਾ ਪਵਿੱਤਰ (ਰਹਿੰਦੇ ਹਨ) ।੧੩।

ਹੇ ਖ਼ੁਦਾ ਦੇ ਬੰਦੇ! ਜਿਸ ਮਨੁੱਖ ਉੱਤੇ ਮਿਹਰਵਾਨ (ਮੌਲਾ) ਦੀ ਹਰ ਵੇਲੇ ਮਿਹਰ ਰਹਿੰਦੀ ਹੈ, (ਵਿਕਾਰਾਂ ਦੇ ਟਾਕਰੇ ਤੇ) ਉਹੀ ਮਨੁੱਖ ਸੂਰਮਾ ਮਰਦ (ਸਾਬਤ ਹੁੰਦਾ) ਹੈ । ਉਹੀ ਹੈ (ਅਸਲ) ਸ਼ੇਖ਼ ਮਸਾਇਕ ਤੇ ਹਾਜੀ, ਉਹੀ ਹੈ (ਅਸਲ) ਖ਼ੁਦਾ ਦਾ ਬੰਦਾ ਜਿਸ ਉੱਤੇ ਖ਼ੁਦਾ ਦੀ ਮਿਹਰ ਦੀ ਨਿਗਾਹ ਰਹਿੰਦੀ ਹੈ ।੧੪।

ਹੇ ਨਾਨਕ! (ਆਖ—) ਹੇ ਖ਼ੁਦਾ ਦੇ ਬੰਦੇ! ਕਾਦਰ ਦੀ ਕੁਦਰਤਿ ਨੂੰ, ਬਖ਼ਸ਼ਿੰਦ ਮਾਲਕ ਦੇ ਰਚੇ ਜਗਤ ਨੂੰ, ਬੇਅੰਤ ਡੂੰਘੇ ਰਹਿਮ-ਦਿਲ ਖ਼ੁਦਾ ਦੀ ਮੁਹੱਬਤ ਤੇ ਸਿਫ਼ਤਿ-ਸਾਲਾਹ ਨੂੰ, ਸਦਾ ਕਾਇਮ ਰਹਿਣ ਵਾਲੇ ਪ੍ਰਭੂ ਦੇ ਹੁਕਮ ਨੂੰ, ਸਦਾ ਕਾਇਮ ਰਹਿਣ ਵਾਲੇ ਖ਼ੁਦਾ ਨੂੰ ਸਮਝ ਕੇ ਮਾਇਆ ਦੇ ਮੋਹ ਦੇ ਬੰਧਨਾਂ ਤੋਂ ਖ਼ਲਾਸੀ ਹੋ ਜਾਂਦੀ ਹੈ, ਤੇ, ਸੰਸਾਰ-ਸਮੁੰਦਰ ਤੋਂ ਪਾਰ ਲੰਘ ਜਾਈਦਾ ਹੈ ।੧੫।੩।੧੨।

ਮਾਰੂ ਮਹਲਾ ੫ ॥ ਪਾਰਬ੍ਰਹਮ ਸਭ ਊਚ ਬਿਰਾਜੇ ॥ ਆਪੇ ਥਾਪਿ ਉਥਾਪੇ ਸਾਜੇ ॥ ਪ੍ਰਭ ਕੀ ਸਰਣਿ ਗਹਤ ਸੁਖੁ ਪਾਈਐ ਕਿਛੁ ਭਉ ਨ ਵਿਆਪੈ ਬਾਲ ਕਾ ॥੧॥ ਗਰਭ ਅਗਨਿ ਮਹਿ ਜਿਨਹਿ ਉਬਾਰਿਆ ॥ ਰਕਤ ਕਿਰਮ ਮਹਿ ਨਹੀ ਸੰਘਾਰਿਆ ॥ ਅਪਨਾ ਸਿਮਰਨੁ ਦੇ ਪ੍ਰਤਿਪਾਲਿਆ ਓਹੁ ਸਗਲ ਘਟਾ ਕਾ ਮਾਲਕਾ

॥੨॥ ਚਰਣ ਕਮਲ ਸਰਣਾਈ ਆਇਆ ॥ ਸਾਧਸੰਗਿ ਹੈ ਹਰਿ ਜਸੁ ਗਾਇਆ ॥ ਜਨਮ ਮਰਣ ਸਭਿ ਦੂਖ ਨਿਵਾਰੇ ਜਪਿ ਹਰਿ ਹਰਿ ਭਉ ਨਹੀ ਕਾਲ ਕਾ ॥੩॥ ਸਮਰਥ ਅਕਥ ਅਗੋਚਰ ਦੇਵਾ ॥ ਜੀਅ ਜੰਤ ਸਭਿ ਤਾ ਕੀ ਸੇਵਾ ॥ ਅੰਡਜ ਜੇਰਜ ਸੇਤਜ ਉਤਭੁਜ ਬਹੁ ਪਰਕਾਰੀ ਪਾਲਕਾ ॥੪॥ {ਪੰਨਾ ੧੦੮੪}

ਪਦ ਅਰਥ :—ਸਭ ਉਚ—ਸਭਨਾਂ ਤੋਂ ਉੱਚਾ । ਬਿਰਾਜੇ—ਟਿਕਿਆ ਹੋਇਆ ਹੈ । ਆਪੇ—ਆਪ ਹੀ । ਥਾਪਿ—ਪੈਦਾ ਕਰ ਕੇ । ਉਥਾਪੇ—ਨਾਸ ਕਰਦਾ ਹੈ । ਸਾਜੇ—ਸਾਜਦਾ ਹੈ, ਬਣਾਂਦਾ ਹੈ । ਗਹਤ—ਫੜਦਿਆਂ । ਪਾਈਐ—ਪਾਈਦਾ ਹੈ । ਨ ਵਿਆਪੈ—ਜ਼ੋਰ ਨਹੀਂ ਪਾ ਸਕਦਾ । ਬਾਲ—ਬਾਲਾ, ਮਾਇਆ ।੧।

ਜਿਨਹਿ—ਜਿਨਿ ਹੀ, ਜਿਸ ਨੇ {ਕ੍ਰਿਆ ਵਿਸ਼ੇਸ਼ਣ 'ਹੀ' ਦੇ ਕਾਰਨ ਲਫ਼ਜ਼ 'ਜਿਨਿ' ਦੀ 'ਿ' ਉੱਡ ਗਈ ਹੈ} । ਉਬਾਰਿਆ—ਬਚਾਇਆ । ਰਕਤ—ਰੱਤ, ਲਹੂ । ਕਿਰਮ—ਕੀੜੇ । ਨਹੀ ਸੰਘਾਰਿਆ—ਨਹੀਂ ਮਰਨ ਦਿੱਤਾ । ਦੇ—ਦੇ ਕੇ । ਪ੍ਰਤਿਪਾਲਿਆ—ਰੱਖਿਆ ਕੀਤੀ । ਘਟ—ਸਰੀਰ ।੨।

ਚਰਣ ਕਮਲ—ਕੌਲ ਫੁੱਲ ਵਰਗੇ ਸੋਹਣੇ ਚਰਨ । ਸਾਧ ਸੰਗਿ—ਸਾਧ ਸੰਗਤਿ ਵਿਚ । ਜਸੁ—ਸਿਫ਼ਤਿ-ਸਾਲਾਹ । ਸਭਿ—ਸਾਰੇ । ਜਨਮ ਮਰਨ ਸਭਿ ਦੂਖ—ਜਨਮ ਤੋਂ ਮਰਨ ਤੱਕ ਦੇ ਸਾਰੇ ਦੁੱਖ, ਸਾਰੀ ਉਮਰ ਦੇ ਦੁੱਖ । ਨਿਵਾਰੇ—ਦੂਰ ਕਰਦਾ ਹੈ । ਕਾਲੁ—ਮੌਤ, ਆਤਮਕ ਮੌਤ ।੩।

ਸਮਰਥ—ਸਭ ਤਾਕਤਾਂ ਦਾ ਮਾਲਕ । ਅਕਥ—ਜਿਸ ਦੇ ਸਰੂਪ ਦਾ ਬਿਆਨ ਨਾਹ ਕੀਤਾ ਜਾ ਸਕੇ । ਅਗੋਚਰ—ਅ-ਗੋ-ਚਰ} ਗਿਆਨ-ਇੰਦ੍ਰਿਆਂ ਦੀ ਪਹੁੰਚ ਤੋਂ ਪਰੇ । ਸੇਵਾ—ਚਾਨਣ-ਰੂਪ । ਸਭਿ—ਸਾਰੇ । ਤਾ ਕੀ—ਉਸ (ਪਰਮਾਤਮਾ) ਦੀ । ਸੇਵਾ—ਸਰਨ । ਅੰਡਜ—ਅੰਡ-ਜ, ਅੰਡੇ ਤੋਂ ਪੈਦਾ ਹੋਣ ਵਾਲੇ । ਜੇਰਜ—ਜੇਰ-ਜ, ਜਿਓਰ ਤੋਂ ਜੰਮਣ ਵਾਲੇ । ਸੇਤਜ—ਸੇਤ-ਜ, ਮੁੜ੍ਹਕੇ ਤੋਂ ਜੰਮਣ ਵਾਲੇ । ਉਤਭੁਜ—{ਉਦ੍ਭਿਜ—ਸ਼ਪਰੋਟਨਿਗ, ਗੲਰਮਨਿਓਟਨਿਗ (ਓਸ ਓ ਪਲਓਨਟ)} ਧਰਤੀ ਵਿਚੋਂ ਉੱਗਣ ਵਾਲੇ । ਬਹੁ ਪਰਕਾਰੀ—ਅਨੇਕਾਂ ਤਰੀਕਿਆਂ ਨਾਲ ।੪।

ਅਰਥ :—ਹੇ ਭਾਈ! ਪਰਮਾਤਮਾ ਸਭ ਤੋਂ ਉੱਚੇ (ਆਤਮਕ) ਟਿਕਾਣੇ ਉੱਤੇ ਟਿਕਿਆ ਰਹਿੰਦਾ ਹੈ, ਉਹ ਆਪ ਹੀ (ਸਭ ਨੂੰ) ਪੈਦਾ ਕਰ ਕੇ ਆਪ ਹੀ ਨਾਸ ਕਰਦਾ ਹੈ, ਉਹ ਆਪ ਹੀ ਰਚਨਾ ਰਚਦਾ ਹੈ । ਹੇ ਭਾਈ! ਉਸ ਪਰਮਾਤਮਾ ਦਾ ਆਸਰਾ ਲਿਆਂ ਆਤਮਕ ਆਨੰਦ ਪ੍ਰਾਪਤ ਹੋਇਆ ਰਹਿੰਦਾ ਹੈ, ਮਾਇਆ ਦੇ ਮੋਹ ਦਾ ਡਰ ਰਤਾ ਵੀ ਆਪਣਾ ਜ਼ੋਰ ਨਹੀਂ ਪਾ ਸਕਦਾ ।੧।

ਹੇ ਭਾਈ! ਜਿਸ ਪਰਮਾਤਮਾ ਨੇ (ਜੀਵ ਨੂੰ) ਮਾਂ ਦੇ ਪੇਟ ਦੀ ਅੱਗ ਵਿਚ ਬਚਾਈ ਰੱਖਿਆ, ਜਿਸ ਨੇ ਮਾਂ ਦੀ ਰੱਤ ਦੇ ਕਿਰਮਾਂ ਵਿਚ (ਜੀਵ ਨੂੰ) ਮਰਨ ਨਾਹ ਦਿੱਤਾ ਉਸ ਨੇ (ਤਦੋਂ) ਆਪਣੇ (ਨਾਮ ਦਾ) ਸਿਮਰਨ ਦੇ ਕੇ ਰੱਖਿਆ ਕੀਤੀ । ਹੇ ਭਾਈ! ਉਹ ਪ੍ਰਭੂ ਸਾਰੇ ਜੀਵਾਂ ਦਾ ਮਾਲਕ ਹੈ ।੨।

ਹੇ ਭਾਈ! ਜਿਹੜਾ ਮਨੁੱਖ ਪ੍ਰਭੂ ਦੇ ਸੋਹਣੇ ਚਰਨਾਂ ਦੀ ਸਰਨ ਵਿਚ ਆ ਜਾਂਦਾ ਹੈ, ਜਿਹੜਾ ਮਨੁੱਖ ਸਾਧ ਸੰਗਤਿ ਵਿਚ (ਰਹਿ ਕੇ) ਪਰਮਾਤਮਾ ਦੀ ਸਿਫ਼ਤਿ-ਸਾਲਾਹ ਕਰਦਾ ਹੈ, ਪਰਮਾਤਮਾ ਉਸ ਦੇ ਸਾਰੀ ਉਮਰ ਦੇ ਦੁੱਖ ਦੂਰ ਕਰ ਦੇਂਦਾ ਹੈ । ਪਰਮਾਤਮਾ ਦਾ ਨਾਮ ਜਪ ਜਪ ਕੇ ਉਸ ਨੂੰ (ਆਤਮਕ) ਮੌਤ ਦਾ ਡਰ ਨਹੀਂ ਰਹਿ ਜਾਂਦਾ ।੩।

ਹੇ ਭਾਈ! ਪਰਮਾਤਮਾ ਸਭ ਤਾਕਤਾਂ ਦਾ ਮਾਲਕ ਹੈ, ਉਸ ਦਾ ਸਰੂਪ ਸਹੀ ਤਰ੍ਹਾਂ ਬਿਆਨ ਨਹੀਂ ਕੀਤਾ ਜਾ ਸਕਦਾ, ਉਹ ਗਿਆਨ-ਇੰਦ੍ਰਿਆਂ ਦੀ ਪਹੁੰਚ ਤੋਂ ਪਰੇ ਹੈ, ਉਹ ਨੂਰ ਹੀ ਨੂਰ ਹੈ । ਸਾਰੇ ਜੀਆ-ਜੰਤਾਂ ਨੂੰ ਉਸੇ ਦਾ ਹੀ ਆਸਰਾ ਹੈ । ਹੇ ਭਾਈ! ਅੰਡਜ ਜੇਰਜ ਸੇਤਜ ਉਤਭੁਜ—ਇਹਨਾਂ ਚੌਹਾਂ ਹੀ ਖਾਣੀਆਂ ਦੇ ਜੀਵਾਂ ਨੂੰ ਉਹ ਕਈ ਤਰੀਕਿਆਂ ਨਾਲ ਪਾਲਣ ਵਾਲਾ ਹੈ ।੪।

ਤਿਸਹਿ ਪਰਾਪਤਿ ਹੋਇ ਨਿਧਾਨਾ ॥ ਰਾਮਨਾਮ ਰਸੁ ਅੰਤਰਿ ਮਾਨਾ ॥ ਕਰੁ ਗਹਿ ਲੀਨੇ ਅੰਧ ਕੂਪ ਤੇ ਵਿਰਲੇ ਕੇਈ ਸਾਲਕਾ ॥੫॥ ਆਦਿ ਅੰਤਿ ਮਧਿ ਪ੍ਰਭੁ ਸੋਈ ॥ ਆਪੇ ਕਰਤਾ ਕਰੇ ਸੁ ਹੋਈ ॥ ਭ੍ਰਮੁ ਭਉ ਮਿਟਿਆ ਸਾਧ ਸੰਗ ਤੇ ਦਾਲਿਦ ਨ ਕੋਈ ਘਾਲਕਾ ॥੬॥ ਊਤਮ ਬਾਣੀ ਗਾਉ ਗੁੋਪਾਲਾ ॥ ਸਾਧਸੰਗਤਿ ਕੀ ਮੰਗਹੁ ਰਵਾਲਾ ॥ ਬਾਸਨ ਮੇਟਿ ਨਿਬਾਸਨ ਹੋਈਐ ਕਲਮਲ ਸਗਲੇ ਜਾਲਕਾ ॥੭॥ ਸੰਤਾ ਕੀ ਇਹ ਰੀਤਿ ਨਿਰਾਲੀ ॥ ਪਾਰਬ੍ਰਹਮੁ ਕਰਿ ਦੇਖਹਿ ਨਾਲੀ ॥ ਸਾਸਿ ਸਾਸਿ ਆਰਾਧਨਿ ਹਰਿ ਹਰਿ ਕਿਉ ਸਿਮਰਤ ਕੀਜੈ ਆਲਕਾ ॥੮॥ {ਪੰਨਾ ੧੦੮੫}

ਪਦ ਅਰਥ :—ਤਿਸਹਿ—{ਕ੍ਰਿਆ ਵਿਸ਼ੇਸ਼ਣ 'ਹੀ' ਦੇ ਕਾਰਨ ਲਫ਼ਜ਼ 'ਤਿਸੁ' ਦਾ ੁ ਉੱਡ ਗਿਆ ਹੈ} ਉਸ ਨੂੰ ਹੀ । ਨਿਧਾਨਾ—ਖ਼ਜ਼ਾਨਾ । ਰਸੁ—ਆਨੰਦ, ਸੁਆਦ । ਮਾਨਾ—ਮਾਣਦਾ ਹੈ । ਕਰੁ—ਹੱਥ {ਇਕ-ਵਚਨ} । ਗਹਿ—ਫੜ ਕੇ । ਕੂਪ—ਖੂਹ । ਅੰਧ ਕੂਪ ਤੇ—ਅੰਨ੍ਹੇ ਖੂਹ ਤੋਂ । ਸਾਲਕਾ—ਸੰਤ ।੫।

ਆਦਿ—ਸ਼ੁਰੂ ਵਿਚ । ਮਧਿ—ਵਿਚਕਾਰ, ਹੁਣ । ਅੰਤਿ—(ਰਚਨਾ ਦੇ) ਅੰਤ ਵਿਚ । ਆਪੇ—ਆਪ ਹੀ । ਭ੍ਰਮੁ—ਭਟਕਣਾ । ਸਾਧ ਸੰਗ ਤੇ—ਸਾਧ ਸੰਗਤਿ ਤੋਂ । ਦਾਲਿਦ—ਦਰਿੱਦ੍ਰ, ਗਰੀਬੀ, ਦੁੱਖ । ਘਾਲਕਾ—ਨਾਸ ਕਰਨ ਵਾਲਾ, ਆਤਮਕ ਮੌਤ ਲਿਆਉਣ ਵਾਲਾ ।੬।

ਗੁੋਪਾਲਾ—{ਅੱਖਰ 'ਗ' ਦੇ ਨਾਲ ਦੋ ਲਗਾਂ ਹਨ— ੋ ਅਤੇ ੁ । ਅਸਲ ਲਫ਼ਜ਼ ਗੋਪਾਲਾ' ਹੈ, ਇਥੇ 'ਗੁਪਾਲਾ' ਪੜ੍ਹਨਾ ਹੈ} । ਰਵਾਲਾ—ਚਰਨ-ਧੂੜ । ਬਾਸਨ—ਵਾਸਨਾ । ਮੇਟਿ—ਮਿਟਾ ਕੇ । ਨਿਬਾਸਨ—ਵਾਸਨਾ-ਰਹਿਤ । ਹੋਈਐ—ਹੋ ਜਾਈਦਾ ਹੈ । ਕਲਮਲ—ਪਾਪ । ਸਗਲੇ—ਸਾਰੇ । ਜਾਲਕਾ—ਸਾੜ ਲਈਦੇ ।੭।

ਰੀਤਿ—ਮਰਯਾਦਾ, ਜੀਵਨ-ਚਾਲ । ਨਿਰਾਲੀ—ਵੱਖਰੀ । ਕਰਿ—ਕਰ ਕੇ, ਸਮਝ ਕੇ । ਨਾਲੀ—(ਆਪਣੇ) ਨਾਲ ਹੀ । ਦੇਖਹਿ—ਵੇਖਦੇ ਹਨ {ਬਹੁ-ਵਚਨ} । ਸਾਸਿ ਸਾਸਿ—ਹਰੇਕ ਸਾਹ ਦੇ ਨਾਲ । ਕਿਉ ਕੀਜੈ—ਕਿਉਂ ਕੀਤਾ ਜਾਏ? ਨਹੀਂ ਕਰਨਾ ਚਾਹੀਦਾ । ਆਲਕਾ—ਆਲਸ, ਢਿੱਲ-ਮਠ ।੮।

ਅਰਥ :—ਹੇ ਭਾਈ! ਉਸ ਉਸ ਮਨੁੱਖ ਨੂੰ ਹੀ (ਨਾਮ ਦਾ) ਖ਼ਜ਼ਾਨਾ ਮਿਲਦਾ ਹੈ, ਉਹੀ ਮਨੁੱਖ ਪਰਮਾਤਮਾ ਦੇ ਨਾਮ ਦਾ ਆਨੰਦ ਆਪਣੇ ਅੰਦਰ ਮਾਣਦੇ ਹਨ,

ਜਿਨ੍ਹਾਂ ਨੂੰ (ਉਹਨਾਂ ਦਾ) ਹੱਥ ਫੜ ਕੇ (ਪਰਮਾਤਮਾ ਮਾਇਆ ਦੇ ਮੋਹ ਦੇ) ਅੰਨ੍ਹੇ ਖੂਹ ਵਿਚੋਂ ਕੱਢ ਲੈਂਦਾ ਹੈ । ਪਰ, ਹੇ ਭਾਈ! ਅਜਿਹੇ ਕੋਈ ਵਿਰਲੇ ਹੀ ਸੰਤ ਹੁੰਦੇ ਹਨ ।੫।

ਹੇ ਭਾਈ! ਸਾਧ ਸੰਗਤਿ ਦੀ ਬਰਕਤਿ ਨਾਲ ਜਿਨ੍ਹਾਂ ਮਨੁੱਖਾਂ ਦੀ ਹਰੇਕ ਭਟਕਣਾ ਜਿਨ੍ਹਾਂ ਦਾ ਹਰੇਕ ਡਰ ਦੂਰ ਹੋ ਜਾਂਦਾ ਹੈ, ਕੋਈ ਭੀ ਦੁੱਖ-ਕਲੇਸ਼ ਉਹਨਾਂ ਦੀ ਆਤਮਕ ਮੌਤ ਨਹੀਂ ਲਿਆ ਸਕਦੇ, ਉਹਨਾਂ ਨੂੰ (ਜਗਤ ਦੇ) ਆਦਿ ਵਿਚ ਹੁਣ ਅਖ਼ੀਰ ਵਿਚ (ਕਾਇਮ ਰਹਿਣ ਵਾਲਾ) ਉਹ ਪਰਮਾਤਮਾ ਹੀ ਦਿੱਸਦਾ ਹੈ, (ਉਹਨਾਂ ਨੂੰ ਨਿਸ਼ਚਾ ਹੁੰਦਾ ਹੈ ਕਿ) ਕਰਤਾਰ ਆਪ ਹੀ ਜੋ ਕੁਝ ਕਰਦਾ ਹੈ ਉਹੀ ਹੁੰਦਾ ਹੈ ।੬।

ਹੇ ਭਾਈ! ਜੀਵਨ ਨੂੰ ਉੱਚਾ ਕਰਨ ਵਾਲੀ ਪਰਮਾਤਮਾ ਦੀ ਸਿਫ਼ਤਿ-ਸਾਲਾਹ ਦੀ ਬਾਣੀ ਗਾਇਆ ਕਰੋ, (ਹਰ ਵੇਲੇ) ਸਾਧ ਸੰਗਤਿ ਦੀ ਚਰਨ-ਧੂੜ ਮੰਗਿਆ ਕਰੋ, (ਇਸ ਤਰ੍ਹਾਂ ਆਪਣੇ ਅੰਦਰ ਦੀਆਂ) ਸਾਰੀਆਂ ਵਾਸਨਾਂ ਮਿਟਾ ਕੇ ਵਾਸਨਾ-ਰਹਿਤ ਹੋ ਜਾਈਦਾ ਹੈ, ਅਤੇ ਆਪਣੇ ਸਾਰੇ ਪਾਪ ਸਾੜ ਲਈਦੇ ਹਨ ।੭।

ਹੇ ਭਾਈ! ਸੰਤ ਜਨਾਂ ਦੀ (ਦੁਨੀਆ ਦੇ ਲੋਕਾਂ ਨਾਲੋਂ) ਇਹ ਵੱਖਰੀ ਹੀ ਜੀਵਨ-ਚਾਲ ਹੈ, ਕਿ ਉਹ ਪਰਮਾਤਮਾ ਨੂੰ (ਸਦਾ ਆਪਣੇ) ਨਾਲ ਹੀ ਵੱਸਦਾ ਵੇਖਦੇ ਹਨ । ਹੇ ਭਾਈ! ਸੰਤ ਜਨ ਹਰੇਕ ਸਾਹ ਦੇ ਨਾਲ ਪਰਮਾਤਮਾ ਦਾ ਆਰਾਧਨ ਕਰਦੇ ਰਹਿੰਦੇ ਹਨ (ਉਹ ਜਾਣਦੇ ਹਨ ਕਿ) ਪਰਮਾਤਮਾ ਦਾ ਨਾਮ ਸਿਮਰਦਿਆਂ ਕਦੇ ਆਲਸ ਨਹੀਂ ਕਰਨਾ ਚਾਹੀਦਾ ।੮।

ਜਹ ਦੇਖਾ ਤਹ ਅੰਤਰਜਾਮੀ ॥ ਨਿਮਖ ਨ ਵਿਸਰਹੁ ਪ੍ਰਭ ਮੇਰੇ ਸੁਆਮੀ ॥ ਸਿਮਰਿ ਸਿਮਰਿ ਜੀਵਹਿ ਤੇਰੇ ਦਾਸਾ ਬਨਿ ਜਲਿ ਪੂਰਨ ਥਾਲਕਾ ॥੯॥ ਤਤੀ ਵਾਉ ਨ ਤਾ ਕਉ ਲਾਗੈ ॥ ਸਿਮਰਤ ਨਾਮੁ ਅਨਦਿਨੁ ਜਾਗੈ ॥ ਅਨਦ ਬਿਨੋਦ ਕਰੇ ਹਰਿ ਸਿਮਰਨੁ ਤਿਸੁ ਮਾਇਆ ਸੰਗਿ ਨ ਤਾਲਕਾ ॥੧੦॥ ਰੋਗ ਸੋਗ ਦੂਖ ਤਿਸੁ ਨਾਹੀ ॥ ਸਾਧ ਸੰਗਿ ਹਰਿ ਕੀਰਤਨੁ ਗਾਹੀ ॥ ਆਪਣਾ ਨਾਮੁ ਦੇਹਿ ਪ੍ਰਭ ਪ੍ਰੀਤਮ ਸੁਣਿ ਬੇਨੰਤੀ ਖਾਲਕਾ ॥੧੧॥ ਨਾਮ ਰਤਨੁ ਤੇਰਾ ਹੈ ਪਿਆਰੇ ॥ ਰੰਗਿ ਰਤੇ ਤੇਰੈ ਦਾਸ ਅਪਾਰੇ ॥ ਤੇਰੈ ਰੰਗਿ ਰਤੇ ਤੁਧੁ ਜੇਹੇ ਵਿਰਲੇ ਕੇਈ ਭਾਲਕਾ ॥੧੨॥ {ਪੰਨਾ ੧੦੮੫}

ਪਦ ਅਰਥ :—ਜਹ—ਜਿੱਥੇ । ਦੇਖਾ—ਦੇਖਾਂ, ਮੈਂ ਵੇਖਦਾ ਹਾਂ । ਅੰਤਰਜਾਮੀ—ਹੇ ਸਭ ਦੇ ਦਿਲ ਦੀ ਜਾਣਨ ਵਾਲੇ! ਨਿਮਖ—{ਨਿਮੇ_} ਅੱਖ ਝਮਕਣ ਜਿਤਨਾ ਸਮਾ । ਪ੍ਰਭ—ਹੇ ਪ੍ਰਭੂ! ਸਿਮਰਿ—ਸਿਮਰ ਕੇ । ਜੀਵਹਿ—ਜਿਊਂਦੇ ਹਨ, ਆਤਮਕ ਜੀਵਨ ਹਾਸਲ ਕਰਦੇ ਹਨ । ਬਨਿ—ਜੰਗਲ ਵਿਚ । ਜਲਿ—ਜਲ ਵਿਚ । ਥਾਲਕਾ—ਥਲ ਵਿਚ । ਪੂਰਨ ਵਿਆਪਕ ।੯।

ਵਾਉ—ਹਵਾ । ਤਤੀ ਵਾਉ—ਤੱਤੀ ਹਵਾ, ਰਤਾ ਭੀ ਦੁੱਖ । ਤਾ ਕਉ—ਉਸ (ਮਨੁੱਖ) ਨੂੰ । ਅਨਦਿਨੁ—ਹਰ ਰੋਜ਼, ਹਰ ਵੇਲੇ । ਜਾਗੈ—ਜਾਗਦਾ ਰਹਿੰਦਾ ਹੈ, (ਵਿਕਾਰਾਂ ਦੇ ਹੱਲਿਆਂ ਵੱਲੋਂ) ਸੁਚੇਤ ਰਹਿੰਦਾ ਹੈ । ਅਨਦ ਬਿਨੋਦ—ਆਤਮਕ ਆਨੰਦ-ਖ਼ੁਸ਼ੀਆਂ । ਸੰਗਿ—ਨਾਲ । ਤਾਲਕਾ—ਤਅੱਲੁਕ, ਵਾਹ, ਮੇਲ-ਜੋਲ ।੧੦।

ਤਿਸੁ—ਉਸ (ਉਸ) ਮਨੁੱਖ ਨੂੰ । ਗਾਹੀ—ਗਾਹਿ, ਗਾਂਦੇ ਹਨ । ਸਾਧ ਸੰਗਿ—ਸਾਧ ਸੰਗਤਿ ਵਿਚ । ਪ੍ਰਭ—ਹੇ ਪ੍ਰਭੂ! ਖਾਲਕਾ—ਹੇ ਖ਼ਲਕਤ! ਹੇ ਖ਼ਲਕਤ ਦੇ ਪੈਦਾ ਕਰਨ ਵਾਲੇ! ।੧੧।

ਪਿਆਰੇ—ਹੇ ਪਿਆਰੇ! ਰਤਨੁ—ਬਹੁਤ ਕੀਮਤੀ ਪਦਾਰਥ । ਤੇਰੈ ਰੰਗਿ—ਤੇਰੇ ਪਿਆਰ-ਰੰਗ ਵਿਚ ਰੱਤੇ ਹੋਏ । ਅਪਾਰੇ—ਹੇ ਬੇਅੰਤ! ਜੇਹੇ—ਵਰਗੇ । ਭਾਲਕਾ—ਲੱਭਦੇ ਹਨ ।੧੨।

ਅਰਥ :—ਹੇ ਹਰੇਕ ਦੇ ਦਿਲ ਦੀ ਜਾਣਨ ਵਾਲੇ! ਮੈਂ ਜਿਧਰ ਵੇਖਦਾ ਹਾਂ, ਉਧਰ (ਮੈਨੂੰ ਤੂੰ ਹੀ ਦਿੱਸਦਾ ਹੈਂ) । ਹੇ ਮੇਰੇ ਮਾਲਕ-ਪ੍ਰਭੂ! (ਮਿਹਰ ਕਰ, ਮੈਨੂੰ) ਅੱਖ ਝਮਕਣ ਜਿਤਨੇ ਸਮੇ ਲਈ ਭੀ ਨਾਹ ਵਿਸਰ । ਹੇ ਪ੍ਰਭੂ! ਤੇਰੇ ਦਾਸ ਤੈਨੂੰ ਸਿਮਰ ਸਿਮਰ ਕੇ ਆਤਮਕ ਜੀਵਨ ਹਾਸਲ ਕਰਦੇ ਰਹਿੰਦੇ ਹਨ । ਹੇ ਪ੍ਰਭੂ! ਤੂੰ ਜੰਗਲ ਵਿਚ ਜਲ ਵਿਚ ਥਲ ਵਿਚ (ਹਰ ਥਾਂ ਵੱਸਦਾ ਹੈਂ) ।੯।

ਹੇ ਭਾਈ! ਜਿਹੜਾ ਮਨੁੱਖ ਪਰਮਾਤਮਾ ਦਾ ਨਾਮ ਸਿਮਰਦਿਆਂ ਹਰ ਵੇਲੇ (ਵਿਕਾਰਾਂ ਦੇ ਹੱਲਿਆਂ ਵੱਲੋਂ) ਸੁਚੇਤ ਰਹਿੰਦਾ ਹੈ, ਉਸ ਨੂੰ ਰਤਾ ਭਰ ਭੀ ਕੋਈ ਦੁੱਖ ਪੋਹ ਨਹੀਂ ਸਕਦਾ । ਉਹ ਮਨੁੱਖ (ਜਿਉਂ ਜਿਉਂ) ਪਰਮਾਤਮਾ ਦੇ ਨਾਮ ਦਾ ਸਿਮਰਨ ਕਰਦਾ ਹੈ (ਤਿਉਂ ਤਿਉਂ) ਆਤਮਕ ਆਨੰਦ ਮਾਣਦਾ ਹੈ, ਉਸ ਦਾ ਮਾਇਆ ਦੇ ਨਾਲ ਡੂੰਘਾ ਸੰਬੰਧ ਨਹੀਂ ਬਣਦਾ ।੧੦।

ਹੇ ਭਾਈ! ਉਸ ਉਸ ਮਨੁੱਖ ਨੂੰ ਕੋਈ ਰੋਗ ਸੋਗ ਦੁੱਖ ਪੋਹ ਨਹੀਂ ਸਕਦੇ, ਜਿਹੜੇ ਗੁਰੂ ਦੀ ਸੰਗਤਿ ਵਿਚ ਟਿਕ ਕੇ ਪਰਮਾਤਮਾ ਦੀ ਸਿਫ਼ਤਿ-ਸਾਲਾਹ ਦੇ ਗੀਤ ਗਾਂਦੇ ਰਹਿੰਦੇ ਹਨ । ਹੇ ਪ੍ਰੀਤਮ ਪ੍ਰਭੂ! ਹੇ ਖ਼ਲਕਤ ਦੇ ਪੈਦਾ ਕਰਨ ਵਾਲੇ! (ਮੇਰੀ ਭੀ) ਬੇਨਤੀ ਸੁਣ, (ਮੈਨੂੰ ਭੀ) ਆਪਣਾ ਨਾਮ ਦੇਹ ।੧੧।

ਹੇ ਪਿਆਰੇ! ਤੇਰਾ ਨਾਮ ਬਹੁਤ ਹੀ ਕੀਮਤੀ ਪਦਾਰਥ ਹੈ । ਹੇ ਬੇਅੰਤ ਪ੍ਰਭੂ! ਤੇਰੇ ਦਾਸ ਤੇਰੇ ਪ੍ਰੇਮ-ਰੰਗ ਵਿਚ ਰੰਗੇ ਰਹਿੰਦੇ ਹਨ । ਹੇ ਪ੍ਰਭੂ! ਜਿਹੜੇ ਮਨੁੱਖ ਤੇਰੇ ਪ੍ਰੇਮ-ਰੰਗ ਵਿਚ ਰੰਗੇ ਰਹਿੰਦੇ ਹਨ, ਉਹ ਤੇਰੇ ਵਰਗੇ ਹੋ ਜਾਂਦੇ ਹਨ । ਪਰ ਅਜਿਹੇ ਬੰਦੇ ਬਹੁਤ ਵਿਰਲੇ ਲੱਭਦੇ ਹਨ ।੧੨।

ਤਿਨ ਕੀ ਧੂੜਿ ਮਾਂਗੈ ਮਨੁ ਮੇਰਾ ॥ ਜਿਨ ਵਿਸਰਹਿ ਨਾਹੀ ਕਾਹੂ ਬੇਰਾ ॥ ਤਿਨ ਕੈ ਸੰਗਿ ਪਰਮ ਪਦੁ ਪਾਈ ਸਦਾ ਸੰਗੀ ਹਰਿ ਨਾਲਕਾ ॥੧੩॥ ਸਾਜਨੁ ਮੀਤੁ ਪਿਆਰਾ ਸੋਈ ॥ ਏਕੁ ਦ੍ਰਿੜਾਏ ਦੁਰਮਤਿ ਖੋਈ ॥ ਕਾਮੁ ਕ੍ਰੋਧੁ ਅਹੰਕਾਰੁ ਤਜਾਏ ਤਿਸੁ ਜਨ ਕਉ ਉਪਦੇਸੁ ਨਿਰਮਾਲਕਾ ॥੧੪॥ ਤੁਧੁ ਵਿਣੁ ਨਾਹੀ ਕੋਈ ਮੇਰਾ ॥ ਗੁਰਿ ਪਕੜਾਏ ਪ੍ਰਭ ਕੇ ਪੈਰਾ ॥ ਹਉ ਬਲਿਹਾਰੀ ਸਤਿਗੁਰ ਪੂਰੇ ਜਿਨਿ ਖੰਡਿਆ ਭਰਮੁ ਅਨਾਲਕਾ ॥੧੫॥ ਸਾਸਿ ਸਾਸਿ ਪ੍ਰਭੁ ਬਿਸਰੈ ਨਾਹੀ ॥ ਆਠ ਪਹਰ ਹਰਿ ਹਰਿ ਕਉ ਧਿਆਈ ॥ ਨਾਨਕ ਸੰਤ ਤੇਰੈ ਰੰਗਿ ਰਾਤੇ ਤੂ ਸਮਰਥੁ ਵਡਾਲਕਾ ॥੧੬॥੪॥੧੩॥ {ਪੰਨਾ ੧੦੮੫}

ਪਦ ਅਰਥ :—ਮਾਂਗੈ—ਮੰਗਦਾ ਹੈ {ਨੋਟ :—ਇਥੇ (ਂ) ਵਰਤੀ ਗਈ ਹੈ । ਸਿਰਲੇਖ ਦੇ ਲਫ਼ਜ਼ 'ਮਹਲਾ' ਦੇ ਨਾਲ ਵਰਤੇ ਹੋਏ ਅੰਕ ੧, ੨, ੩, ੪, ੫, ੯ ਨੂੰ ਕਿਵੇਂ ਪੜ੍ਹਨਾ ਹੈ—ਇਸ ਬਾਰੇ ਸਾਰੇ ਗੁਰੂ ਗ੍ਰੰਥ ਸਾਹਿਬ ਵਿਚ ਸਿਰਫ਼ ਤਿੰਨ ਚਾਰ ਵਾਰੀ ਹੀ ਹਿਦਾਇਤ ਹੈ । ਬਾਕੀ ਹਰੇਕ ਥਾਂ ਉਸ ਹਿਦਾਇਤ ਨੂੰ ਵਰਤਣਾ ਹੈ ਕਿ ਇਹਨਾਂ-ਅੰਕਾਂ ਨੂੰ ਪਹਿਲਾ, ਦੂਜਾ, ਤੀਜਾ, ਚੌਥਾ, ਪੰਜਵਾਂ, ਨਾਵਾਂ ਪੜ੍ਹਨਾ ਹੈ । ਇਸੇ ਤਰ੍ਹਾਂ (ਂ) ਦੀ ਵਰਤੋਂ ਭੀ ਬਹੁਤ ਥੋੜੀ ਥਾਈਂ ਹੈ,

ਸਿਰਫ਼ ਹਿਦਾਇਤ-ਮਾਤ੍ਰ ਹੀ । ਲੋੜ ਅਨੁਸਾਰ ਹੋਰ ਥਾਈਂ ਭੀ ਪਾਠ ਵੇਲੇ ਇਹ (ੑ) ਪੜ੍ਹਨੀ ਹੈ} ।

ਕਾਹੂ ਬੇਰਾ—ਕਿਸੇ ਭੀ ਵੇਲੇ । ਵਿਸਰਹਿ—ਤੂੰ ਵਿਸਰਦਾ । ਕੈ ਸੰਗਿ—ਦੀ ਸੰਗਤਿ ਵਿਚ । ਪਰਮ ਪਦੁ—ਸਭ ਤੋਂ ਉੱਚਾ ਆਤਮਕ ਦਰਜਾ । ਪਾਈ—ਪਾਈਂ, ਮੈਂ ਪਾ ਸਕਾਂ । ਸੰਗੀ—ਸਾਥੀ । ਨਾਲਕਾ—ਨਾਲ ।੧੩।

ਸੋਈ—ਉਹੀ ਮਨੁੱਖ । ਦ੍ਰਿੜਾਏ—(ਹਿਰਦੇ ਵਿਚ) ਪੱਕਾ ਕਰ ਦੇਵੇ । ਦੁਰਮਤਿ—ਖੋਟੀ ਮਤਿ । ਖੋਈ—ਦੂਰ ਕਰ ਕੇ, ਖੋਇ । ਤਜਾਏ—ਛਡਾ ਦੇਵੇ । ਕਉ—ਨੂੰ । ਨਿਰਮਾਲਕਾ—ਪਵਿੱਤਰ ਕਰਨ ਵਾਲਾ ।੧੪।

ਗੁਰਿ—ਗੁਰੂ ਨੇ । ਹਉ—ਹਉਂ, ਮੈਂ । ਜਿਨਿ—ਜਿਸ (ਗੁਰੂ) ਨੇ । ਖੰਡਿਆ—ਨਾਸ ਕਰ ਦਿੱਤਾ । ਅਨਾਲਕਾ—ਅਨਲ, ਹਵਾ, ਝੱਖੜ (ਵਿਕਾਰਾਂ ਦਾ ਝੱਖੜ) ।੧੫।

ਸਾਸਿ ਸਾਸਿ—ਹਰੇਕ ਸਾਹ ਦੇ ਨਾਲ । ਧਿਆਈ—ਧਿਆਈਂ, ਮੈਂ ਧਿਆਵਾਂ । ਨਾਨਕ—ਹੇ ਨਾਨਕ! ਰਾਤੇ—ਰੰਗੇ ਹੋਏ । ਵਡਾਲਕਾ—ਵੱਡਾ । ਸਮਰਥੁ—ਸਾਰੀਆਂ ਤਾਕਤਾਂ ਦਾ ਮਾਲਕ ।੧੬।

ਅਰਥ :—ਹੇ ਪ੍ਰਭੂ! ਜਿਨ੍ਹਾਂ ਮਨੁੱਖਾਂ ਨੂੰ ਤੂੰ ਕਿਸੇ ਭੀ ਵੇਲੇ ਭੁੱਲਦਾ ਨਹੀਂ, ਮੇਰਾ ਮਨ ਉਹਨਾਂ ਦੇ ਚਰਨਾਂ ਦੀ ਧੂੜ ਮੰਗਦਾ ਹੈ । ਹੇ ਭਾਈ! (ਅਜਿਹੇ) ਉਹਨਾਂ ਮਨੁੱਖਾਂ ਦੀ ਸੰਗਤਿ ਵਿਚ ਮੈਂ ਭੀ (ਉਸ ਪ੍ਰਭੂ ਦੀ ਮਿਹਰ ਨਾਲ) ਉੱਚਾ ਆਤਮਕ ਦਰਜਾ ਹਾਸਲ ਕਰ ਸਕਾਂਗਾ, ਅਤੇ ਪਰਮਾਤਮਾ (ਮੇਰਾ) ਸਦਾ ਸਾਥੀ ਬਣਿਆ ਰਹੇਗਾ ।੧੩।

ਹੇ ਭਾਈ! ਉਹੀ ਮਨੁੱਖ ਮੇਰਾ ਪਿਆਰਾ ਸਜਣ ਹੈ ਮਿੱਤਰ ਹੈ, ਜਿਹੜਾ ਮੇਰੀ ਖੋਟੀ ਮਤਿ ਦੂਰ ਕਰ ਕੇ (ਮੇਰੇ ਹਿਰਦੇ ਵਿਚ) ਇਕ (ਪਰਮਾਤਮਾ ਦੀ ਯਾਦ) ਨੂੰ ਪੱਕਾ ਕਰ ਦੇਵੇ, ਜਿਹੜਾ ਮੇਰੇ ਪਾਸੋਂ ਕਾਮ ਕ੍ਰੋਧ ਅਹੰਕਾਰ (ਦਾ ਖਹਿੜਾ) ਛਡਾ ਦੇਵੇ । ਹੇ ਭਾਈ! ਉਸ ਮਨੁੱਖ ਨੂੰ ਅਜਿਹਾ ਉਪਦੇਸ਼ (ਫੁਰਦਾ ਹੈ ਜੋ ਸੁਣਨ ਵਾਲਿਆਂ ਨੂੰ) ਪਵਿੱਤਰ ਕਰ ਦੇਂਦਾ ਹੈ ।੧੪।

ਹੇ ਪ੍ਰਭੂ! ਤੈਥੋਂ ਬਿਨਾ ਮੇਰਾ ਕੋਈ (ਸਹਾਰਾ) ਨਹੀਂ । ਹੇ ਭਾਈ! ਗੁਰੂ ਨੇ ਮੈਨੂੰ ਪ੍ਰਭੂ ਦੇ ਪੈਰ ਫੜਾਏ ਹਨ । ਮੈਂ ਪੂਰੇ ਗੁਰੂ ਤੋਂ ਸਦਕੇ ਜਾਂਦਾ ਹਾਂ ਜਿਸ ਨੇ ਮੇਰੀ ਭਟਕਣਾ ਨਾਸ ਕੀਤੀ ਹੈ, ਜਿਸ ਨੇ ਵਿਕਾਰਾਂ ਦਾ ਝੱਖੜ ਥੰਮ੍ਹ ਲਿਆ ਹੈ ।੧੫।

ਹੇ ਭਾਈ! (ਜੇ ਪ੍ਰਭੂ ਦੀ ਮਿਹਰ ਹੋਵੇ ਤਾਂ) ਮੈਂ ਅੱਠੇ ਪਹਰ ਪ੍ਰਭੂ ਦਾ ਧਿਆਨ ਧਰਦਾ ਰਹਾਂ, ਹਰੇਕ ਸਾਹ ਦੇ ਨਾਲ (ਉਸ ਨੂੰ ਸਿਮਰਦਾ ਰਹਾਂ, ਮੈਨੂੰ ਕਿਸੇ ਭੀ ਵੇਲੇ ਉਹ) ਭੁੱਲੇ ਨਾਹ । ਹੇ ਨਾਨਕ! (ਆਖ—ਹੇ ਪ੍ਰਭੂ!) ਤੂੰ ਸਭ ਤਾਕਤਾਂ ਦਾ ਮਾਲਕ ਹੈਂ, ਤੂੰ ਸਭ ਤੋਂ ਵੱਡਾ ਹੈਂ, ਤੇਰੇ ਸੰਤ ਤੇਰੇ ਪ੍ਰੇਮ-ਰੰਗ ਵਿਚ ਸਦਾ ਰੰਗੇ ਰਹਿੰਦੇ ਹਨ ।੧੬।੪।੧੩।

ਮਾਰੂ ਮਹਲਾ ੫

ੴ ਸਤਿਗੁਰ ਪ੍ਰਸਾਦਿ ॥ ਚਰਨ ਕਮਲ ਹਿਰਦੈ ਨਿਤ ਧਾਰੀ ॥ ਗੁਰੁ ਪੂਰਾ ਖਿਨੁ ਖਿਨੁ ਨਮਸਕਾਰੀ ॥ ਤਨੁ ਮਨੁ ਅਰਪਿ ਧਰੀ ਸਭੁ ਆਗੈ ਜਗ ਮਹਿ ਨਾਮੁ ਸੁਹਾਵਣਾ ॥੧॥ ਸੋ ਠਾਕੁਰੁ ਕਿਉ ਮਨਹੁ ਵਿਸਾਰੇ ॥ ਜੀਉ ਪਿੰਡੁ ਦੇ ਸਾਜਿ ਸਵਾਰੇ ॥ ਸਾਸਿ ਗਰਾਸਿ ਸਮਾਲੇ ਕਰਤਾ ਕੀਤਾ ਅਪਣਾ ਪਾਵਣਾ ॥੨॥ ਜਾ ਤੇ ਬਿਰਥਾ ਕੋਊ ਨਾਹੀ ॥ ਆਠ ਪਹਰ ਹਰਿ ਰਖੁ ਮਨ ਮਾਹੀ ॥ ਸਾਧ ਸੰਗਿ ਭਜੁ ਅਚੁਤ ਸੁਆਮੀ ਦਰਗਹ ਸੋਭਾ ਪਾਵਣਾ ॥੩॥ ਚਾਰਿ ਪਦਾਰਥ ਅਸਟ ਦਸਾ ਸਿਧਿ ॥ ਨਾਮੁ ਨਿਧਾਨੁ ਸਹਜ ਸੁਖ ਨਉ ਨਿਧਿ ॥ ਸਰਬ ਕਲਿਆਣ ਜੇ ਮਨ ਮਹਿ ਚਾਹਹਿ ਮਿਲਿ ਸਾਧੂ ਸੁਆਮੀ ਰਾਵਣਾ ॥੪॥ ਸਾਸਤ ਸਿੰਮ੍ਰਿਤਿ ਬੇਦ ਵਖਾਣੀ ॥ ਜਨਮੁ ਪਦਾਰਥੁ ਜੀਤੁ ਪਰਾਣੀ ॥ ਕਾਮੁ ਕ੍ਰੋਧੁ ਨਿੰਦਾ ਪਰਹਰੀਐ ਹਰਿ ਰਸਨਾ ਨਾਨਕ ਗਾਵਣਾ ॥੫॥ {ਪੰਨਾ ੧੦੮੫-੧੦੮੬}

ਪਦ ਅਰਥ :—ਹਿਰਦੈ—ਹਿਰਦੇ ਵਿਚ । ਨਿਤ—ਸਦਾ । ਧਾਰੀ—ਧਾਰੀਂ, ਮੈਂ ਟਿਕਾਈ ਰੱਖਾਂ । ਖਿਨੁ ਖਿਨੁ—ਹਰੇਕ ਖਿਨ । ਨਮਸਕਾਰੀ—ਨਮਸਕਾਰੀਂ, ਮੈਂ ਨਮਸਕਾਰ ਕਰਦਾ ਰਹਾਂ । ਅਰਪਿ—ਭੇਟਾ ਕਰ ਕੇ । ਸਭੁ—ਸਭ ਕੁਝ । ਧਰੀ ਆਗੈ—ਧਰੀਂ (ਗੁਰ) ਆਗੈ, ਗੁਰੂ ਦੇ ਅੱਗੇ ਰੱਖ ਦਿਆਂ । ਸੁਹਾਵਣਾ—ਸੋਹਣਾ (ਬਣਾਂਦਾ ਹੈ) ।੧।

ਮਨਹੁ—ਮਨ ਤੋਂ । ਵਿਸਾਰੇ—ਵਿਸਾਰੇਂ, ਤੂੰ ਵਿਸਾਰਦਾ ਹੈਂ । ਜੀਉ—ਜਿੰਦ । ਪਿੰਡੁ—ਸਰੀਰ । ਦੇ—ਦੇ ਕੇ । ਸਾਜਿ ਪੈਦਾ ਕਰ ਕੇ । ਸਵਾਰੇ—ਸੋਹਣਾ ਬਣਾਂਦਾ ਹੈ । ਸਾਸਿ—ਸਾਹ ਦੇ ਨਾਲ । ਗਰਾਸਿ—ਗਿਰਾਹੀ ਦੇ ਨਾਲ । ਸਮਾਲੇ—ਸਮਾਲਿ, ਸੰਭਾਲ, ਯਾਦ ਰੱਖ । ਕਰਤਾ—ਕਰਤਾਰ ਨੂੰ । ਕੀਤਾ—ਕੀਤੀ ਹੋਈ ਕਮਾਈ ।੨।

ਜਾ ਤੇ—ਇਸ (ਪਰਮਾਤਮਾ ਦੇ ਦਰ) ਤੋਂ । ਬਿਰਥਾ—ਖ਼ਾਲੀ । ਮਾਹੀ—ਵਿਚ । ਸੰਗਿ—ਸੰਗਤਿ ਵਿਚ । ਅਚੁਤ—ਅਚੁੱਤ {ਅÁਯੁਤ} ਅਬਿਨਾਸ਼ੀ । ਸੋਭਾ—ਇੱਜ਼ਤ ।੩।

ਚਾਰਿ ਪਦਾਰਥ—ਧਰਮ, ਅਰਥ, ਕਾਮ, ਮੋਖ । ਅਸਟ ਦਸਾ—ਅਠ ਤੇ ਦਸ, ਅਠਾਰਾਂ । ਸਿਧਿ—ਸਿੱਧੀਆਂ । ਨਿਧਾਨੁ—ਖ਼ਜ਼ਾਨਾ । ਸਹਜ ਸੁਖ—ਆਤਮਕ ਅਡੋਲਤਾ ਦਾ ਆਨੰਦ । ਨਉ ਨਿਧਿ—(ਦੁਨੀਆ ਦੇ ਸਾਰੇ) ਨੌ ਖ਼ਜ਼ਾਨੇ । ਸਰਬ—ਸਾਰੇ । ਕਲਿਆਣ—ਸੁਖ । ਚਾਹਹਿ—ਤੂੰ ਚਾਹੁੰਦਾ ਹੈਂ । ਮਿਲਿ ਸਾਧੂ—ਗੁਰੂ ਨੂੰ ਮਿਲ ਕੇ । ਰਾਵਣਾ—ਸਿਮਰਨਾ ਚਾਹੀਦਾ ਹੈ ।੪।

ਵਖਾਣੀ—ਕਿਹਾ ਹੈ ਕਿ । ਪਰਾਣੀ—ਹੇ ਪ੍ਰਾਣੀ! ਪਰਹਰੀਐ—ਦੂਰ ਕੀਤਾ ਜਾ ਸਕਦਾ ਹੈ । ਰਸਨਾ—ਜੀਭ (ਨਾਲ) । ਨਾਨਕ—ਹੇ ਨਾਨਕ! ।੫।

ਅਰਥ :—ਹੇ ਭਾਈ! (ਜੇ ਪ੍ਰਭੂ ਮਿਹਰ ਕਰੇ ਤਾਂ) ਮੈਂ (ਗੁਰੂ ਦੇ) ਸੋਹਣੇ ਚਰਣ ਸਦਾ (ਆਪਣੇ) ਹਿਰਦੇ ਵਿਚ ਟਿਕਾਈ ਰੱਖਾਂ, ਪੂਰੇ ਗੁਰੂ ਨੂੰ ਹਰੇਕ ਖਿਨ

ਨਮਸਕਾਰ ਕਰਦਾ ਰਹਾਂ, ਆਪਣਾ ਤਨ ਆਪਣਾ ਮਨ ਸਭ ਕੁਝ (ਗੁਰੂ ਦੇ) ਅੱਗੇ ਭੇਟਾ ਕਰ ਕੇ ਰੱਖ ਦਿਆਂ (ਕਿਉਂਕਿ ਗੁਰੂ ਪਾਸੋਂ ਹੀ ਪਰਮਾਤਮਾ ਦਾ ਨਾਮ ਮਿਲਦਾ ਹੈ, ਤੇ) ਨਾਮ ਹੀ ਜਗਤ ਵਿਚ (ਜੀਵ ਨੂੰ) ਸੋਹਣਾ ਬਣਾਂਦਾ ਹੈ ।੧।

ਹੇ ਭਾਈ! ਤੂੰ ਉਸ ਮਾਲਕ-ਪ੍ਰਭੂ ਨੂੰ (ਆਪਣੇ) ਮਨ ਤੋਂ ਕਿਉਂ ਭੁਲਾਂਦਾ ਹੈਂ, ਜਿਹੜਾ ਜਿੰਦ ਦੇ ਕੇ ਸਰੀਰ ਦੇ ਕੇ ਪੈਦਾ ਕਰ ਕੇ ਸੋਹਣਾ ਬਣਾਂਦਾ ਹੈ? ਹਰੇਕ ਸਾਹ ਦੇ ਨਾਲ ਹਰੇਕ ਗਿਰਾਹੀ ਦੇ ਨਾਲ (ਖਾਂਦਿਆਂ ਸਾਹ ਲੈਂਦਿਆਂ) ਕਰਤਾਰ ਨੂੰ ਆਪਣੇ ਹਿਰਦੇ ਵਿਚ ਸੰਭਾਲ ਰੱਖ । ਆਪਣੀ ਹੀ ਕੀਤੀ ਕਮਾਈ ਦਾ ਫਲ ਮਿਲਦਾ ਹੈ ।੨।

ਹੇ ਭਾਈ! ਜਿਸ (ਕਰਤਾਰ ਦੇ ਦਰ) ਤੋਂ ਕਦੇ ਕੋਈ ਖ਼ਾਲੀ ਨਹੀਂ ਮੁੜਦਾ, ਉਸ ਨੂੰ ਅੱਠੇ ਪਹਰ ਮਨ ਵਿਚ ਸਾਂਭ ਰੱਖ । ਉਸ ਅਬਿਨਾਸ਼ੀ ਮਾਲਕ-ਪ੍ਰਭੂ ਦਾ ਨਾਮ ਗੁਰੂ ਦੀ ਸੰਗਤਿ ਵਿਚ (ਰਹਿ ਕੇ) ਜਪਿਆ ਕਰ । ਪ੍ਰਭੂ ਦੀ ਹਜ਼ੂਰੀ ਵਿਚ (ਇਸ ਤਰ੍ਹਾਂ) ਇੱਜ਼ਤ ਮਿਲਦੀ ਹੈ ।੩।

ਹੇ ਭਾਈ! ਜੇ ਤੂੰ ਚਾਰ ਪਦਾਰਥ ਲੋੜਦਾ ਹੈਂ, ਜੇ ਤੂੰ ਅਠਾਰਾਂ ਸਿੱਧੀਆਂ ਲੋੜਦਾ ਹੈਂ, ਜੇ ਤੂੰ ਦੁਨੀਆ ਦੇ ਨੌ ਹੀ ਖ਼ਜ਼ਾਨੇ ਲੋੜਦਾ ਹੈਂ, ਜੇ ਤੂੰ ਆਪਣੇ ਮਨ ਵਿਚ ਸਾਰੇ ਸੁਖ ਲੋੜਦਾ ਹੈਂ, ਤਾਂ ਗੁਰੂ ਨੂੰ ਮਿਲ ਕੇ ਮਾਲਕ-ਪ੍ਰਭੂ ਦਾ ਸਿਮਰਨ ਕਰਿਆ ਕਰ । ਇਹ ਹਰਿ-ਨਾਮ ਹੀ (ਅਸਲ) ਖ਼ਜ਼ਾਨਾ ਹੈ, ਇਹ ਨਾਮ ਹੀ ਆਤਮਕ ਅਡੋਲਤਾ ਦਾ ਸੁਖ ਹੈ, ਇਹ ਨਾਮ ਹੀ ਚਾਰ ਪਦਾਰਥ ਅਠਾਰਾਂ ਸਿੱਧੀਆਂ ਤੇ ਨੌ ਨਿਧੀਆਂ ਹੈ ।੪।

ਹੇ ਨਾਨਕ! (ਆਖ—) ਹੇ ਪ੍ਰਾਣੀ! ਸ਼ਾਸਤ੍ਰਾਂ ਨੇ, ਸਿੰਮ੍ਰਿਤੀਆਂ ਨੇ, ਵੇਦਾਂ ਨੇ ਆਖਿਆ ਹੈ ਕਿ ਆਪਣੇ ਕੀਮਤੀ ਮਨੁੱਖਾ ਜਨਮ ਨੂੰ ਸਫਲਾ ਕਰ । (ਪਰ ਇਹ ਸਫਲਾ ਤਾਂ ਹੀ ਹੋ ਸਕਦਾ ਹੈ ਜੇ) ਜੀਭ ਨਾਲ ਪਰਮਾਤਮਾ ਦੀ ਸਿਫ਼ਤਿ-ਸਾਲਾਹ ਗਾਈ ਜਾਏ । ਸਿਫ਼ਤਿ-ਸਾਲਾਹ ਦੀ ਬਰਕਤਿ ਨਾਲ ਹੀ ਕਾਮ ਛੱਡਿਆ ਜਾ ਸਕਦਾ ਹੈ ਕ੍ਰੋਧ ਤਿਆਗਿਆ ਜਾ ਸਕਦਾ ਹੈ ਨਿੰਦਾ ਛੱਡੀ ਜਾ ਸਕਦੀ ਹੈ (ਤੇ ਇਹਨਾਂ ਵਿਕਾਰਾਂ ਨੂੰ ਤਿਆਗਣ ਵਿਚ ਹੀ ਜਨਮ ਦੀ ਸਫਲਤਾ ਹੈ) ।੫।

ਜਿਸੁ ਰੂਪੁ ਨ ਰੇਖਿਆ ਕੁਲੁ ਨਹੀ ਜਾਤੀ ॥ ਪੂਰਨ ਪੂਰਿ ਰਹਿਆ ਦਿਨੁ ਰਾਤੀ ॥ ਜੋ ਜੋ ਜਪੈ ਸੋਈ ਵਡਭਾਗੀ ਬਹੁੜਿ ਨ ਜੋਨੀ ਪਾਵਣਾ ॥੬॥ ਜਿਸ ਨੋ ਬਿਸਰੈ ਪੁਰਖੁ ਬਿਧਾਤਾ ॥ ਜਲਤਾ ਫਿਰੈ ਰਹੈ ਨਿਤ ਤਾਤਾ ॥ ਅਕਿਰਤਘਣੈ ਕਉ ਰਖੈ ਨ ਕੋਈ ਨਰਕ ਘੋਰ ਮਹਿ ਪਾਵਣਾ ॥੭॥ ਜੀਉ ਪ੍ਰਾਣ ਤਨੁ ਧਨੁ ਜਿਨਿ ਸਾਜਿਆ ॥ ਮਾਤ ਗਰਭ ਮਹਿ ਰਾਖਿ ਨਿਵਾਜਿਆ ॥ ਤਿਸ ਸਿਉ ਪ੍ਰੀਤਿ ਛਾਡਿ ਅਨ ਰਾਤਾ ਕਾਹੂ ਸਿਰੈ ਨ ਲਾਵਣਾ ॥੮॥ ਧਾਰਿ ਅਨੁਗ੍ਰਹੁ ਸੁਆਮੀ ਮੇਰੇ ॥ ਘਟਿ ਘਟਿ ਵਸਹਿ ਸਭਨ ਕੈ ਨੇਰੇ ॥ ਹਾਥਿ ਹਮਾਰੈ ਕਛੂਐ ਨਾਹੀ ਜਿਸੁ ਜਣਾਇਹਿ ਤਿਸੈ ਜਣਾਵਣਾ ॥੯॥ ਜਾ ਕੈ ਮਸਤਕਿ ਧੁਰਿ ਲਿਖਿ ਪਾਇਆ ॥ ਤਿਸ ਹੀ ਪੁਰਖ ਨ ਵਿਆਪੈ ਮਾਇਆ ॥ ਨਾਨਕ ਦਾਸ ਸਦਾ ਸਰਣਾਈ ਦੂਸਰ ਲਵੈ ਨ ਲਾਵਣਾ ॥੧੦॥ {ਪੰਨਾ ੧੦੮੬}

ਪਦ ਅਰਥ :—ਰੇਖਿਆ—ਰੇਖ, ਚਿਹਨ-ਚੱਕ੍ਰ । ਜਾਤੀ—ਜਾਤਿ । ਪੂਰਨ—ਸਰਬ-ਵਿਆਪਕ । ਸੋਈ—ਉਹੀ ਮਨੁੱਖ । ਵਡਭਾਗੀ—ਵੱਡੇ ਭਾਗਾਂ ਵਾਲਾ । ਬਹੁੜਿ—ਮੁੜ, ਫਿਰ ।੬।

ਜਿਸ ਨੋ—{ਸੰਬੰਧਕ 'ਨੋ' ਦੇ ਕਾਰਨ ਲਫ਼ਜ਼ 'ਜਿਸੁ' ਦਾ ੁ ਉੱਡ ਗਿਆ ਹੈ} । ਬਿਧਾਤਾ—ਸਿਰਜਣਹਾਰ । ਪੁਰਖੁ—ਸਰਬ-ਵਿਆਪਕ ਪ੍ਰਭੂ । ਜਲਤਾ—ਸੜਦਾ । ਤਾਤਾ—ਤੱਤਾ, ਕ੍ਰੋਧ ਵਿਚ । ਕਉ—ਨੂੰ । ਘੋਰ—ਭਿਆਨਕ ।੭।

ਜੀਉ—ਜਿੰਦ । ਜਿਨਿ—ਜਿਸ (ਪਰਮਾਤਮਾ) ਨੇ । ਸਾਜਿਆ—ਬਣਾਇਆ । ਮਾਤ—ਮਾਂ । ਰਾਖਿ—ਰੱਖ ਕੇ, ਰੱਖਿਆ ਕਰ ਕੇ । ਨਿਵਾਜਿਆ—ਨਿਵਾਜ਼ਸ਼ ਕੀਤੀ, ਮਿਹਰਬਾਨੀ ਕੀਤੀ । ਛਾਡਿ—ਛੱਡ ਕੇ । ਅਨ—{ਅੰਨ੍ਯ} ਹੋਰ ਹੋਰ (ਪਦਾਰਥਾਂ ਦੇ ਮੋਹ ਵਿਚ) । ਰਾਤਾ—ਰੱਤਾ, ਮਸਤ । ਕਾਹੂ ਸਿਰੈ—ਕਿਸੇ (ਕੰਮ ਦੇ) ਸਿਰੇ ਤੇ । ਕਾਹੂ...ਲਾਵਣਾ—ਕਿਸੇ ਕੰਮ ਵਿਚ ਸਫਲਤਾ ਨਹੀਂ ਹੁੰਦੀ ।੮।

ਅਨੁਗ੍ਰਹੁ—ਮਿਹਰ, ਕਿਰਪਾ {ਪੁਲਿੰਗ} । ਸੁਆਮੀ—ਹੇ ਸੁਆਮੀ! ਘਟਿ ਘਟਿ—ਹਰੇਕ ਘਟ ਵਿਚ । ਵਸਹਿ—ਤੂੰ ਵੱਸਦਾ ਹੈਂ । ਹਾਥਿ—ਹੱਥ ਵਿਚ, ਵੱਸ ਵਿਚ । ਕਛੂਐ—ਕੁਝ ਭੀ । ਜਣਾਇਹਿ—ਤੂੰ ਸਮਝ ਬਖ਼ਸ਼ਦਾ ਹੈਂ ।੯।

ਮਸਤਕਿ—ਮੱਥੇ ਉੱਤੇ । ਕੈ ਮਸਤਕਿ—ਦੇ ਮੱਥੇ ਉੱਤੇ । ਧੁਰਿ—ਧੁਰ ਤੋਂ, ਪਰਮਾਤਮਾ ਵਲੋਂ ਹੀ । ਲਿਖਿ—ਲਿਖ ਕੇ । ਤਿਸ ਹੀ—{ਕ੍ਰਿਆ ਵਿਸ਼ੇਸ਼ਣ 'ਹੀ' ਦੇ ਕਾਰਨ ਲਫ਼ਜ਼ 'ਤਿਸੁ' ਦਾ ੁ ਉੱਡ ਗਿਆ ਹੈ} । ਨ ਵਿਆਪੈ—ਜ਼ੋਰ ਨਹੀਂ ਪਾ ਸਕਦੀ । ਨਾਨਕ—ਹੇ ਨਾਨਕ! ਦਾਸ—{ਬਹੁ-ਵਚਨ} ਪਰਮਾਤਮਾ ਦੇ ਭਗਤ । ਲਵੈ ਨ ਲਾਵਣਾ—ਬਰਾਬਰ ਨਹੀਂ ਸਮਝਦੇ ।੧੦।

ਅਰਥ :—ਹੇ ਭਾਈ! ਜਿਸ ਪਰਮਾਤਮਾ ਦਾ (ਕੀਹ) ਰੂਪ, ਰੇਖ, ਕੁਲ ਅਤੇ ਜਾਤਿ (ਹੈ—ਇਹ ਗੱਲ) ਦੱਸੀ ਨਹੀਂ ਜਾ ਸਕਦੀ, ਜਿਹੜਾ ਪਰਮਾਤਮਾ ਦਿਨ ਰਾਤ ਹਰ ਵੇਲੇ ਸਭ ਥਾਈਂ ਮੌਜੂਦ ਹੈ, ਉਸ ਪਰਮਾਤਮਾ ਦਾ ਨਾਮ ਜਿਹੜਾ ਜਿਹੜਾ ਮਨੁੱਖ ਜਪਦਾ ਹੈ ਉਹ ਵੱਡੇ ਭਾਗਾਂ ਵਾਲਾ ਬਣ ਜਾਂਦਾ ਹੈ, ਉਹ ਮਨੁੱਖ ਮੁੜ ਮੁੜ ਜੂਨਾਂ ਵਿਚ ਨਹੀਂ ਪੈਂਦਾ ।੬।

ਹੇ ਭਾਈ! ਜਿਸ ਮਨੁੱਖ ਨੂੰ ਸਰਬ-ਵਿਆਪਕ ਸਿਰਜਣਹਾਰ ਵਿਸਰਿਆ ਰਹਿੰਦਾ ਹੈ, ਉਹ ਸਦਾ (ਵਿਕਾਰਾਂ ਵਿਚ) ਸੜਦਾ ਫਿਰਦਾ ਹੈ, ਉਹ ਸਦਾ (ਕ੍ਰੋਧ ਨਾਲ) ਸੜਿਆ ਭੁੱਜਿਆ ਰਹਿੰਦਾ ਹੈ । ਪਰਮਾਤਮਾ ਦੇ ਕੀਤੇ ਉਪਕਾਰਾਂ ਨੂੰ ਭੁਲਾਣ ਵਾਲੇ ਉਸ ਮਨੁੱਖ ਨੂੰ (ਇਸ ਭੈੜੀ ਆਤਮਕ ਦਸ਼ਾ ਤੋਂ) ਕੋਈ ਬਚਾ ਨਹੀਂ ਸਕਦਾ । ਉਹ ਮਨੁੱਖ (ਸਦਾ ਇਸ) ਭਿਆਨਕ ਨਰਕ ਵਿਚ ਪਿਆ ਰਹਿੰਦਾ ਹੈ ।੭।

ਹੇ ਨਾਨਕ! ਜਿਸ ਪਰਮਾਤਮਾ ਨੇ ਜਿੰਦ ਦਿੱਤੀ, ਪ੍ਰਾਣ ਦਿੱਤੇ, ਸਰੀਰ ਬਣਾਇਆ, ਧਨ ਦਿੱਤਾ, ਮਾਂ ਦੇ ਪੇਟ ਵਿਚ ਰੱਖਿਆ ਕਰ ਕੇ ਬੜੀ ਦਇਆ ਕੀਤੀ, ਜਿਹੜਾ ਮਨੁੱਖ ਉਸ ਪਰਮਾਤਮਾ ਨਾਲ ਪਿਆਰ ਛੱਡ ਕੇ ਹੋਰ ਹੋਰ ਪਦਾਰਥਾਂ ਦੇ ਮੋਹ ਵਿਚ ਮਸਤ ਰਹਿੰਦਾ ਹੈ, ਉਹ ਮਨੁੱਖ ਕਿਸੇ ਪਾਸੇ ਭੀ ਨੇਪਰੇ ਨਹੀਂ ਚੜ੍ਹਦਾ ।੮।

ਹੇ ਮੇਰੇ ਮਾਲਕ-ਪ੍ਰਭੂ! (ਅਸਾਂ ਜੀਵਾਂ ਉੱਤੇ) ਦਇਆ ਕਰੀ ਰੱਖ, ਤੂੰ ਹਰੇਕ ਸਰੀਰ ਵਿਚ ਵੱਸਦਾ ਹੈਂ, ਤੂੰ ਸਭ ਜੀਵਾਂ ਦੇ ਨੇੜੇ ਵੱਸਦਾ ਹੈਂ । ਅਸਾਂ ਜੀਵਾਂ ਦੇ ਵੱਸ ਵਿਚ ਕੁਝ ਨਹੀਂ ਹੈ । ਜਿਸ ਮਨੁੱਖ ਨੂੰ ਤੂੰ (ਆਤਮਕ ਜੀਵਨ ਦੀ) ਸਮਝ ਬਖ਼ਸ਼ਦਾ ਹੈਂ, ਉਹੀ ਮਨੁੱਖ ਇਹ ਸਮਝ ਹਾਸਲ ਕਰਦਾ ਹੈ ।੯।

ਹੇ ਨਾਨਕ! (ਆਖ—ਹੇ ਭਾਈ!) ਧੁਰ ਹਜ਼ੂਰੀ ਵਿਚੋਂ ਜਿਸ ਮਨੁੱਖ ਦੇ ਮੱਥੇ ਉਤੇ (ਪ੍ਰਭੂ ਨੇ ਚੰਗੇ ਭਾਗਾਂ ਦਾ ਲੇਖ) ਲਿਖ ਕੇ ਪਾਇਆ ਹੁੰਦਾ ਹੈ, ਸਿਰਫ਼ ਉਸ ਮਨੁੱਖ ਉਤੇ ਹੀ ਮਾਇਆ ਆਪਣਾ ਜ਼ੋਰ ਨਹੀਂ ਪਾ ਸਕਦੀ । ਹੇ ਭਾਈ! ਪਰਮਾਤਮਾ ਦੇ ਭਗਤ ਸਦਾ ਪਰਮਾਤਮਾ ਦੀ ਸਰਨ ਪਏ ਰਹਿੰਦੇ ਹਨ, ਉਹ ਕਿਸੇ ਹੋਰ ਨੂੰ ਪਰਮਾਤਮਾ ਦੇ ਬਰਾਬਰ ਦਾ ਨਹੀਂ ਸਮਝਦੇ ।੧੦।

ਆਗਿਆ ਦੂਖ ਸੂਖ ਸਭਿ ਕੀਨੇ ॥ ਅੰਮ੍ਰਿਤ ਨਾਮੁ ਬਿਰਲੈ ਹੀ ਚੀਨੇ ॥ ਤਾ ਕੀ ਕੀਮਤਿ ਕਹਣੁ ਨ ਜਾਈ ਜਤ ਕਤ ਓਹੀ ਸਮਾਵਣਾ ॥੧੧॥ ਸੋਈ ਭਗਤੁ ਸੋਈ ਵਡ ਦਾਤਾ ॥ ਸੋਈ ਪੂਰਨ ਪੁਰਖੁ ਬਿਧਾਤਾ ॥ ਬਾਲ ਸਹਾਈ ਸੋਈ ਤੇਰਾ ਜੋ ਤੇਰੈ ਮਨਿ ਭਾਵਣਾ ॥੧੨॥ ਮਿਰਤੁ ਦੂਖ ਸੂਖ ਲਿਖਿ ਪਾਏ ॥ ਤਿਲੁ ਨਹੀ ਬਧਹਿ ਘਟਹਿ ਨ ਘਟਾਏ ॥ ਸੋਈ ਹੋਇ ਜਿ ਕਰਤੇ ਭਾਵੈ ਕਹਿ ਕੈ ਆਪੁ ਵਞਾਵਣਾ ॥੧੩॥ ਅੰਧ ਕੂਪ ਤੇ ਸੇਈ ਕਾਢੇ ॥ ਜਨਮ ਜਨਮ ਕੇ ਟੂਟੇ ਗਾਂਢੇ ॥ ਕਿਰਪਾ ਧਾਰਿ ਰਖੇ ਕਰਿ ਅਪੁਨੇ ਮਿਲਿ ਸਾਧੂ ਗੋਬਿੰਦੁ ਧਿਆਵਣਾ ॥੧੪॥ ਤੇਰੀ ਕੀਮਤਿ ਕਹਣੁ ਨ ਜਾਈ ॥ ਅਚਰਜ ਰੂਪੁ ਵਡੀ ਵਡਿਆਈ ॥ ਭਗਤਿ ਦਾਨੁ ਮੰਗੈ ਜਨੁ ਤੇਰਾ ਨਾਨਕ ਬਲਿ ਬਲਿ ਜਾਵਣਾ ॥੧੫॥੧॥੧੪॥੨੨॥੨੪॥੨॥੧੪॥੬੨॥ {ਪੰਨਾ ੧੦੮੬}

ਪਦ ਅਰਥ :—ਆਗਿਆ—ਹੁਕਮ ਵਿਚ । ਸਭਿ—ਸਾਰੇ । ਅੰਮ੍ਰਿਤ ਨਾਮੁ—ਆਤਮਕ ਜੀਵਨ ਦੇਣ ਵਾਲਾ ਨਾਮ । ਬਿਰਲੈ ਹੀ—ਕਿਸੇ ਵਿਰਲੇ ਨੇ ਹੀ । ਚੀਨੇ—ਪਛਾਣਿਆ ਹੈ । ਤਾ ਕੀ—ਉਸ (ਪਰਮਾਤਮਾ) ਦੀ । ਜਤ ਕਤ—ਹਰ ਥਾਂ । ਓਹੀ—ਉਹ ਪਰਮਾਤਮਾ ਹੀ ।੧੧।

ਸੋਈ—ਉਹ (ਪਰਮਾਤਮਾ ਆਪ) ਹੀ । ਭਗਤੁ—ਭਗਤੀ ਕਰਨ ਵਾਲਾ । ਬਿਧਾਤਾ—ਸਿਰਜਣਹਾਰ । ਬਾਲ ਸਹਾਈ—ਬਾਲ ਉਮਰ ਤੋਂ ਹੀ ਸਾਥੀ । ਸਹਾਈ—ਸਖਾਈ, ਮਿੱਤਰ, ਸਾਥੀ । ਤੇਰੈ ਮਨਿ—(ਹੇ ਪ੍ਰਭੂ!) ਤੇਰੇ ਮਨ ਵਿਚ । ਭਾਵਣਾ—ਚੰਗਾ ਲੱਗਾ ਹੈ ।੧੨।

ਮਿਰਤੁ—ਮੌਤ (MãÄਯੁ} । ਲਿਖਿ—(ਹਰੇਕ ਜੀਵ ਦੇ ਭਾਗਾਂ ਵਿਚ) ਲਿਖ ਕੇ । ਤਿਲੁ—ਰਤਾ ਭਰ ਭੀ । ਬਧਹਿ—ਵਧਦੇ {ਬਹੁ-ਵਚਨ} । ਹੋਇ—ਹੁੰਦਾ ਹੈ । ਕਰਤੇ ਭਾਵੈ—ਕਰਤਾਰ ਨੂੰ ਚੰਗਾ ਲੱਗਦਾ ਹੈ । ਕਹਿ ਕੈ—ਆਖ ਕੇ । ਆਪੁ—ਆਪਣੇ ਆਪ ਨੂੰ । ਵਞਾਵਣਾ—ਗਵਾਣਾ ਹੁੰਦਾ ਹੈ ।੧੩।

ਅੰਧ ਕੂਪ—(ਮਾਇਆ ਦੇ ਮੋਹ ਦਾ) ਘੁੱਪ ਹਨੇਰਾ ਖੂਹ । ਤੇ—ਤੋਂ । ਸੇਈ—ਉਹੀ ਮਨੁੱਖ {ਬਹੁ-ਵਚਨ} । ਧਾਰਿ—ਧਾਰ ਕੇ, ਕਰ ਕੇ । ਕਰਿ—ਬਣਾ ਕੇ । ਮਿਲਿ ਸਾਧੂ—ਗੁਰੂ ਨੂੰ ਮਿਲ ਕੇ ।੧੪।

ਦਾਨੁ—ਖ਼ੈਰ । ਜਨੁ—ਦਾਸ । ਨਾਨਕ—ਹੇ ਨਾਨਕ! ਬਲਿ ਬਲਿ—ਸਦਕੇ ।੧੫।

ਅਰਥ :—ਹੇ ਭਾਈ! (ਜਗਤ ਦੇ) ਸਾਰੇ ਦੁੱਖ ਸਾਰੇ ਸੁਖ (ਪਰਮਾਤਮਾ ਨੇ ਆਪਣੇ) ਹੁਕਮ ਵਿਚ (ਆਪ ਹੀ) ਬਣਾਏ ਹਨ । (ਇਹਨਾਂ ਦੁੱਖਾਂ ਤੋਂ ਬਚਣ ਲਈ) ਕਿਸੇ ਵਿਰਲੇ ਮਨੁੱਖ ਨੇ ਹੀ ਆਤਮਕ ਜੀਵਨ ਦੇਣ ਵਾਲੇ ਹਰਿ-ਨਾਮ ਨਾਲ ਸਾਂਝ ਪਾਈ ਹੈ । ਹੇ ਭਾਈ! ਉਸ ਪਰਮਾਤਮਾ ਦਾ ਮੁੱਲ ਨਹੀਂ ਦੱਸਿਆ ਜਾ ਸਕਦਾ (ਉਹ ਪਰਮਾਤਮਾ ਕਿਸੇ ਦੁਨੀਆਵੀ ਪਦਾਰਥ ਦੇ ਵੱਟੇ ਨਹੀਂ ਮਿਲਦਾ, ਉਂਞ) ਹਰ ਥਾਂ ਉਹ ਆਪ ਹੀ ਸਮਾਇਆ ਹੋਇਆ ਹੈ ।੧੧।

ਹੇ ਭਾਈ! ਉਹ ਪਰਮਾਤਮਾ ਆਪ ਹੀ (ਆਪਣੇ ਸੇਵਕ ਵਿਚ ਬੈਠਾ ਆਪਣੀ) ਭਗਤੀ ਕਰਨ ਵਾਲਾ ਹੈ, ਉਹ ਆਪ ਹੀ ਸਭ ਤੋਂ ਵੱਡਾ ਦਾਤਾਰ ਹੈ, ਉਹ ਆਪ ਹੀ ਸਭ ਵਿਚ ਵਿਆਪਕ ਸਿਰਜਣਹਾਰ ਹੈ । ਹੇ ਪ੍ਰਭੂ! ਜਿਹੜਾ (ਤੇਰਾ ਭਗਤ) ਤੇਰੇ ਮਨ ਵਿਚ (ਤੈਨੂੰ) ਪਿਆਰਾ ਲੱਗਦਾ ਹੈ, ਉਹੀ ਤੇਰਾ ਬਾਲ-ਸਖਾਈ ਹੈ (ਉਹੀ ਤੈਨੂੰ ਇਉਂ ਪਿਆਰਾ ਹੈ ਜਿਵੇਂ ਛੋਟੀ ਉਮਰ ਤੋਂ ਇਕੱਠੇ ਰਹਿਣ ਵਾਲੇ ਬਾਲਕ ਇਕ ਦੂਜੇ ਨੂੰ ਸਾਰੀ ਉਮਰ ਪਿਆਰ ਕਰਨ ਵਾਲੇ ਹੁੰਦੇ ਹਨ) ।੧੨।

ਹੇ ਭਾਈ! ਮੌਤ ਦੁੱਖ ਸੁਖ ਕਰਤਾਰ ਨੇ ਆਪ ਹੀ (ਜੀਵਾਂ ਦੇ ਲੇਖਾਂ ਵਿਚ) ਲਿਖ ਕੇ ਰੱਖ ਦਿੱਤੇ ਹਨ । ਨਾਹ ਇਹ ਵਧਾਇਆਂ ਰਤਾ ਭੀ ਵਧਦੇ ਹਨ, ਨਾਹ ਇਹ ਘਟਾਇਆਂ ਰਤਾ ਭਰ ਘਟਦੇ ਹਨ । ਹੇ ਭਾਈ! ਜੋ ਕੁਝ ਕਰਤਾਰ ਨੂੰ ਚੰਗਾ ਲੱਗਦਾ ਹੈ ਉਹੀ ਹੁੰਦਾ ਹੈ । (ਇਹ) ਆਖ ਕੇ (ਕਿ ਅਸੀ ਆਪਣੇ ਆਪ ਕੁਝ ਕਰ ਸਕਦੇ ਹਾਂ) ਆਪਣੇ ਆਪ ਨੂੰ ਖ਼ੁਆਰ ਹੀ ਕਰਨਾ ਹੁੰਦਾ ਹੈ ।੧੩।

ਹੇ ਭਾਈ! ਪਰਮਾਤਮਾ ਕਿਰਪਾ ਕਰ ਕੇ ਜਿਨ੍ਹਾਂ ਮਨੁੱਖਾਂ ਨੂੰ ਆਪਣੇ ਬਣਾ ਲੈਂਦਾ ਹੈ, ਜਿਹੜੇ ਮਨੁੱਖ ਗੁਰੂ ਨੂੰ ਮਿਲ ਕੇ ਪਰਮਾਤਮਾ ਦਾ ਨਾਮ ਸਿਮਰਦੇ ਹਨ, ਉਹਨਾਂ ਨੂੰ ਹੀ ਪਰਮਾਤਮਾ ਮਾਇਆ ਦੇ ਮੋਹ ਦੇ ਘੁੱਪ ਹਨੇਰੇ ਖੂਹ ਵਿਚੋਂ ਕੱਢ ਲੈਂਦਾ ਹੈ, ਤੇ, ਕਈ ਜਨਮਾਂ ਦੇ (ਆਪਣੇ ਨਾਲੋਂ) ਟੁੱਟਿਆਂ ਹੋਇਆਂ ਨੂੰ (ਮੁੜ ਆਪਣੇ ਨਾਲ) ਜੋੜ ਲੈਂਦਾ ਹੈ ।੧੪।

ਹੇ ਨਾਨਕ! (ਆਖ—ਹੇ ਪ੍ਰਭੂ!) ਤੇਰਾ ਮੁੱਲ ਨਹੀਂ ਪਾਇਆ ਜਾ ਸਕਦਾ । ਤੇਰਾ ਸਰੂਪ ਹੈਰਾਨ ਕਰ ਦੇਣ ਵਾਲਾ ਹੈ, ਤੇ ਵਡਿਆਈ ਵੱਡੀ ਹੈ । ਤੇਰਾ ਸੇਵਕ (ਤੇਰੇ ਦਰ ਤੋਂ) ਤੇਰੀ ਭਗਤੀ ਦਾ ਖ਼ੈਰ ਮੰਗਦਾ ਹੈ, ਤੇ ਤੈਥੋਂ ਸਦਕੇ ਜਾਂਦਾ ਹੈ ਕੁਰਬਾਨ ਜਾਂਦਾ ਹੈ ।੧੫।੧।੧੪।੨੨।੨੪।੨।੧੪।੬੨।

ਅੰਕਾਂ ਦਾ ਵੇਰਵਾ :—

ਸੋਲਹੇ ਮ: ੧ — ੨੨
ਸੋਲਹੇ ਮ: ੩ — ੨੪
ਸੋਲਹੇ ਮ: ੪ — ੨
ਸੋਲਹੇ ਮ: ੫ — ੧੪
. . . . ——
. ਕੁੱਲ ਜੋੜ . . . ੬੨

ਮਾਰੂ ਵਾਰ ਮਹਲਾ ੩ ੴ ਸਤਿਗੁਰ ਪ੍ਰਸਾਦਿ ॥ {ਪੰਨਾ ੧੦੮੬}

ਮਾਰੂ ਵਾਰ ਮਹਲਾ ੩

ਪਉੜੀ-ਵਾਰ ਭਾਵ—

(੧) ਗੁਰੂ ਤੋਂ ਮਿਲੇ ਗਿਆਨ ਨਾਲ ਭਰਮ ਮੋਹ ਲੋਭ ਅਹੰਕਾਰ ਦਾ ਗੜ੍ਹ ਟੁੱਟ ਜਾਂਦਾ ਹੈ ਤੇ ਪ੍ਰਭੂ ਦਾ ਨਾਮ ਹਿਰਦੇ ਵਿਚ ਵੱਸ ਪੈਂਦਾ ਹੈ ।

(੨) ਜੋ ਮਨੁੱਖ ਗੁਰੂ ਦੇ ਸਨਮੁਖ ਹੋ ਕੇ 'ਨਾਮ' ਕਮਾਂਦਾ ਹੈ, ਉਹ ਸੰਸਾਰ-ਸਾਗਰ ਦੀਆਂ ਲਹਿਰਾਂ ਵਿਚ ਪੈ ਕੇ ਦੁਖੀ ਨਹੀਂ ਹੁੰਦਾ ।

(੩) ਭਾਵੇਂ ਇਹ ਸੰਸਾਰਕ ਮਾਇਆ, ਨਾਲ ਨਹੀਂ ਨਿਭਦੀ, ਮਨਮੁਖ ਇਸ ਵਿਚ ਭੁੱਲ ਜਾਂਦਾ ਹੈ । ਬਚਦੇ ਉਹ ਹਨ ਜੋ ਗੁਰੂ ਦੀ ਮਿਹਰ ਨਾਲ ਨਾਮ-ਰਸ ਚੱਖਦੇ ਹਨ ।

(੪) ਜੋ ਗੁਰੂ ਦੀ ਸਰਨ ਪੈ ਕੇ ਗੁਰ-ਸ਼ਬਦ ਦੀ ਰਾਹੀਂ 'ਨਾਮ' ਵਿਚ ਜੁੜਦੇ ਹਨ, ਉਹ ਲੋਕ-ਪਰਲੋਕ ਸੰਵਾਰ ਲੈਂਦੇ ਹਨ ।

(੫) ਜਿਨ੍ਹਾਂ ਗੁਰ-ਸ਼ਬਦ ਦੀ ਰਾਹੀਂ ਨਾਮ-ਰਸ ਚੱਖਿਆ ਹੈ ਉਹਨਾਂ ਨੂੰ ਮਾਇਕ ਰਸ ਪੋਹ ਨਹੀਂ ਸਕਦੇ, ਉਹਨਾਂ ਦੀ ਤ੍ਰਿਸ਼ਨਾ-ਭੁੱਖ ਮਿਟ ਜਾਂਦੀ ਹੈ ।

(੬) ਦੁਨੀਆ ਵਾਲੇ ਭੂਪਤ ਰਾਜੇ ਇਕ ਤਾਂ ਦੁੱਖ ਹੀ ਦੁੱਖ ਸਹੇੜਦੇ ਹਨ, ਦੂਜੇ, ਇਹ ਰਾਜ ਜਾਂਦਿਆਂ ਚਿਰ ਨਹੀਂ ਲੱਗਦਾ । ਅਸਲ ਰਾਜੇ ਉਹ ਹਨ ਜਿਨ੍ਹਾਂ ਪ੍ਰਭੂ ਨੂੰ ਪਛਾਣਿਆ ਹੈ ।

(੭) ਉਹਨਾਂ ਪਾਸ 'ਨਾਮ' ਇਕ ਐਸਾ ਪਦਾਰਥ ਹੈ ਜਿਸ ਦਾ ਮੁੱਲ ਨਹੀਂ ਪੈ ਸਕਦਾ; ਇਸ ਅਮੁੱਲੇ ਧਨ ਦੀ ਬਰਕਤਿ ਨਾਲ ਉਹਨਾਂ ਦਾ ਹਿਰਦਾ ਸਦਾ ਖਿੜਿਆ ਰਹਿੰਦਾ ਹੈ ।

(੮) ਜਿਨ੍ਹਾਂ ਗੁਰੂ ਦੀ ਮਿਹਰ ਨਾਲ 'ਨਾਮ' ਜਪ ਕੇ ਮਨ ਨੂੰ ਜਿੱਤਿਆ ਹੈ ਉਹ ਅਸਲ ਸੂਰਮੇ ਹਨ, ਉਹਨਾਂ ਨੇ ਸਾਰੇ ਜਗਤ ਨੂੰ ਜਿੱਤ ਲਿਆ ਹੈ ।

(੯) ਉਹ ਨਹੀਂ ਸੂਰਮੇ, ਜੋ ਅਹੰਕਾਰੀ ਹੋ ਕੇ ਮਾਇਆ ਦੀ ਖ਼ਾਤਰ ਲੜ ਮਰਦੇ ਹਨ । ਉਹ ਤਾਂ ਜਨਮ ਅਜਾਈਂ ਗਵਾ ਗਏ । ਰੱਬ ਨੂੰ ਅਹੰਕਾਰ ਚੰਗਾ ਨਹੀਂ ਲੱਗਦਾ ।

(੧੦) ਮਨ ਨਾਲ ਲੜਨ ਵਾਲੇ, ਤੇ, ਅਹੰਕਾਰੀ ਹੋ ਕੇ ਮਾਇਆ ਦੀ ਖ਼ਾਤਰ ਦੂਜਿਆਂ ਨਾਲ ਲੜਨ ਵਾਲੇ—ਇਹ ਦੋਵੇਂ ਪਾਸੇ ਪ੍ਰਭੂ ਨੇ ਆਪ ਹੀ ਬਣਾਏ ਹਨ । ਸੁਖੀ ਉਹ ਹਨ ਜੋ ਗੁਰੂ ਦੇ ਸਨਮੁਖ ਹੋ ਕੇ 'ਨਾਮ' ਜਪਦੇ ਹਨ ।

(੧੧) ਧਨ ਪਦਾਰਥ ਦੇ ਮਾਣ ਵਿਚ ਆ ਕੇ ਵਿਕਾਰ ਕਰਨ ਵਾਲੇ ਦੁਖੀ ਹਨ ਕਿਉਂਕਿ ਜਗਤ ਵਿਚ ਅਸਲ ਦੁੱਖ ਇੱਕੋ ਹੀ ਹੈ, ਉਹ ਹੈ ਮੌਤ ਦਾ ਡਰ, ਤੇ ਇਹ ਮੌਤ ਦਾ ਡਰ ਧਨੀਆਂ ਤੇ ਵਿਕਾਰੀਆਂ ਨੂੰ ਹਰ ਵੇਲੇ ਸਹਿਮ ਵਿਚ ਪਾਈ ਰੱਖਦਾ ਹੈ ।

(੧੨) ਮੌਤ ਦਾ ਡਰ ਮਨਮੁਖ ਨੂੰ ਹੀ ਦਬਾਂਦਾ ਹੈ ਕਿਉਂਕਿ ਉਹ ਮਾਇਆ ਦੇ ਮੋਹ ਵਿਚ ਫਸਿਆ ਰਹਿੰਦਾ ਹੈ; ਡਰਦਾ ਹੈ ਮਤਾਂ ਮੌਤ ਆ ਕੇ ਇਸ ਮਾਇਆ ਨਾਲੋਂ ਵਿਛੋੜ ਨ ਦੇਵੇ ।

(੧੩) ਜੋ ਮਾਇਆ ਨੂੰ ਸੱਚਾ ਸਾਥੀ ਜਾਣ ਕੇ ਮਾਇਆ ਦੀ ਖ਼ਾਤਰ ਭਟਕਦੇ ਰਹੇ, ਉਨ੍ਹਾਂ ਦੀ ਸਾਰੀ ਮਿਹਨਤ ਨਿਹਫਲ ਗਈ । ਪਰ ਜਿਨ੍ਹਾਂ ਨੂੰ ਗੁਰੂ ਦੇ ਸਨਮੁਖ ਹੋ ਕੇ ਸਮਝ ਪੈ ਗਈ, ਉਹਨਾਂ 'ਨਾਮ' ਸਿਮਰਿਆ, ਉਹਨਾਂ ਦੇ ਅੰਦਰ ਰੱਬ ਦਾ ਪਿਆਰ ਉਪਜਿਆ ।

(੧੪) ਜਿਨ੍ਹਾਂ ਨੇ ਗੁਰ-ਸ਼ਬਦ ਦੀ ਰਾਹੀਂ ਆਪਣੇ ਆਪ ਨੂੰ ਖੋਜਿਆ ਉਹ ਪ੍ਰਭੂ ਦੇ ਗੁਣ ਗਾਉਂਦੇ ਹਨ ਤੇ 'ਨਾਮ' ਵਿਚ ਲੀਨ ਹੁੰਦੇ ਹਨ ।

(੧੫) ਜਗਤ ਵਿਚ ਪ੍ਰਭੂ ਦਾ 'ਨਾਮ' ਹੀ ਐਸਾ ਖ਼ਜ਼ਾਨਾ ਹੈ ਜੋ ਨਾਲ ਨਿਭਦਾ ਹੈ ਕਦੇ ਮੁੱਕਦਾ ਨਹੀਂ, ਇਸ ਦੀ ਬਰਕਤਿ ਨਾਲ ਮੌਤ ਦਾ ਡਰ ਦੂਰ ਹੋ ਜਾਂਦਾ ਹੈ, ਇਸ ਧਨ ਵਾਲੇ ਹੀ ਅਸਲ ਸ਼ਾਹ ਹਨ ।

(੧੬) ਪ੍ਰਭੂ ਦੇ 'ਨਾਮ' ਤੋਂ ਬਿਨਾ ਮਨੁੱਖ ਕਦੇ ਨਹੀਂ ਰੱਜਦਾ ਭਾਵੇਂ ਇਸ ਪਾਸ ਕਿਤਨਾ ਹੀ ਧਨ ਹੋਵੇ, ਇਸ ਧਨ ਦੇ ਹੁੰਦਿਆਂ ਫਿਰ ਭੀ ਕੰਗਾਲ ਹੀ ਹੈ ।

(੧੭) ਇਹ 'ਨਾਮ'-ਧਨ ਮਨੁੱਖ ਦੇ ਅੰਦਰ ਹੀ ਹੈ, ਗੁਰੂ ਦੇ ਸ਼ਬਦ ਦੀ ਰਾਹੀਂ ਇਹ ਸਮਝ ਪੈਂਦੀ ਹੈ । ਜਦੋਂ 'ਨਾਮ' ਸਿਮਰਦਾ ਹੈ ਇਸ ਦੀ ਹਉਮੈ ਦੂਰ ਹੁੰਦੀ ਹੈ ਤੇ ਨਾਮ-ਰਸ ਨਾਲ ਰੱਜ ਜਾਂਦਾ ਹੈ ।

(੧੮) ਪ੍ਰਭੂ-ਪਾਤਸ਼ਾਹ ਮਨੁੱਖ ਦੇ ਅੰਦਰ ਹੀ ਹਿਰਦੇ-ਤਖ਼ਤ ਤੇ ਬੈਠਾ ਹੋਇਆ ਹੈ, ਪਰ ਉਸ ਦੇ ਮਹਲ ਦਾ ਦਰ ਗੁਰੂ ਤੋਂ ਲੱਭਦਾ ਹੈ । ਹਰੇਕ ਦੇ ਅੰਦਰ ਬੈਠਾ ਹੀ ਖੋਟੇ ਖਰੇ ਦੀ ਪਰਖ ਕਰੀ ਜਾ ਰਿਹਾ ਹੈ ।

(੧੯) ਪਰ ਮਨਮੁਖ ਆਪਣਾ ਅੰਦਰ ਨਹੀਂ ਭਾਲਦਾ, ਤ੍ਰਿਸ਼ਨਾ ਦਾ ਮਾਰਿਆ ਬਾਹਰ ਭਟਕਦਾ ਹੈ । ਗੁਰੂ-ਦਰ ਤੇ ਪਿਆਂ ਇਹ ਸਮਝ ਆਉਂਦੀ ਹੈ ਕਿ 'ਨਾਮ' ਜਪਿਆਂ ਇਸ ਤ੍ਰਿਸ਼ਨਾ ਤੋਂ ਖ਼ਲਾਸੀ ਹੁੰਦੀ ਹੈ ।

(੨੦) ਪ੍ਰਭੂ ਦਾ 'ਨਾਮ' ਹੀ ਪਾਪਾਂ ਦੀ ਮੈਲ ਲਾਹ ਕੇ ਅੰਦਰ ਠੰਢ ਵਰਤਾਂਦਾ ਹੈ । ਚਿੰਤਾ ਤੇ ਮੋਹ ਦੂਰ ਹੋ ਜਾਂਦਾ ਹੈ ।

(੨੧) ਪ੍ਰਭੂ ਆਪਣੀ ਰਜ਼ਾ ਅਨੁਸਾਰ ਹੀ ਮਿਹਰ ਕਰ ਕੇ ਗੁਰੂ ਮਿਲਾਂਦਾ ਹੈ ਤੇ ਸਿਮਰਨ ਵਿਚ ਜੋੜਦਾ ਹੈ ।

(੨੨) ਪ੍ਰਭੂ, ਮਾਲਕ ਤਾਂ ਸਭ ਜੀਵਾਂ ਦਾ ਹੈ; ਪਰ ਗੁਰੂ-ਚਰਨਾਂ ਵਿਚ ਜੋੜ ਕੇ ਜਿਸ ਨੂੰ 'ਨਾਮ' ਵਿਚ ਲਾਂਦਾ ਹੈ ਉਹੀ ਲੱਗਦਾ ਹੈ । ਉਸੇ ਦੇ ਨਚਾਏ ਸਾਰੇ ਜੀਵ ਨੱਚਦੇ ਹਨ ।

ਸੰਖੇਪ ਭਾਵ—

(੧) ਮਾਇਆ ਭਾਵੇਂ ਨਾਲ ਨਹੀਂ ਨਿਭਦੀ, ਫਿਰ ਭੀ ਮਨੁੱਖ ਇਸ ਵਿਚ ਭੁੱਲਾ ਰਹਿੰਦਾ ਹੈ, ਭਰਮ ਮੋਹ ਅਹੰਕਾਰ ਆਦਿਕ ਦੇ ਕਿਲ੍ਹੇ ਵਿਚ ਕੈਦ ਰਹਿੰਦਾ ਹੈ,

ਤ੍ਰਿਸ਼ਨਾ ਆਦਿਕ ਦੀਆਂ ਲਹਿਰਾਂ ਵਿਚ ਗੋਤੇ ਖਾਂਦਾ ਰਹਿੰਦਾ ਹੈ । ਜਦੋਂ ਗੁਰੂ ਦੀ ਸਿੱਖਿਆ ਤੇ ਤੁਰ ਕੇ ਇਹ 'ਨਾਮ' ਜਪਦਾ ਹੈ ਤਾਂ ਇਹ ਕਿਲ੍ਹਾ ਟੁੱਟ ਜਾਂਦਾ ਹੈ, ਤ੍ਰਿਸ਼ਨਾ ਦੀਆਂ ਲਹਿਰਾਂ ਮੁੱਕ ਜਾਂਦੀਆਂ ਹਨ ਕਿਉਂਕਿ ਫਿਰ ਇਸ ਨੂੰ ਮਾਇਕ ਰਸ ਪੋਹ ਨਹੀਂ ਸਕਦੇ । (੧ ਤੋਂ ੫)

(੨) ਪ੍ਰਭੂ ਨੇ ਜਗਤ ਦੋ ਭਾਂਤ ਦਾ ਰਚਿਆ ਹੈ; ਇਕ ਹਨ ਦੁਨੀਆ ਦੇ ਭੂਪਤ ਰਾਜੇ ਤੇ ਸੂਰਮੇ, ਦੂਜੇ ਹਨ 'ਨਾਮ' ਦੇ ਧਨੀ ਤੇ ਆਪਣੇ ਮਨ ਨੂੰ ਜਿੱਤਣ ਵਾਲੇ । ਦੁਨੀਆ ਦੀ ਪਾਤਸ਼ਾਹੀ ਚਾਰ ਦਿਨ ਦੀ ਹੈ, ਤੇ ਜਦ ਤਕ ਹੈ ਤਦ ਤਕ ਭੀ ਦੁੱਖ ਹੀ ਦੁੱਖ; ਫਿਰ, ਹਰ ਵੇਲੇ ਸਹਿਮ ਤੇ ਮੌਤ ਦਾ ਡਰ ਕਿ ਕਿਤੇ ਛੇਤੀ ਇਸ ਧਨ ਨਾਲੋਂ ਵਿਛੋੜਾ ਨਾਹ ਹੋ ਜਾਏ ।

ਜਿਨ੍ਹਾਂ ਪਾਸ ਨਾਮ-ਧਨ ਹੈ, ਜਿਨ੍ਹਾਂ ਆਪਣਾ ਮਨ ਜਿੱਤਿਆ ਹੈ ਉਹ ਸੁਖੀ ਹਨ, ਬੇ-ਮੁਥਾਜ ਹਨ, ਸਦਾ ਖਿੜੇ ਰਹਿੰਦੇ ਹਨ । (੬ ਤੋਂ ੧੨)

(੩) 'ਨਾਮ' ਹੀ ਐਸਾ ਧਨ ਹੈ ਜੋ ਸਦਾ ਨਾਲ ਨਿਭਦਾ ਹੈ, ਇਸ ਦੀ ਬਰਕਤਿ ਨਾਲ ਮੌਤ ਦਾ ਡਰ ਨਹੀਂ ਰਹਿੰਦਾ, ਨਾਮ-ਧਨ ਵਾਲੇ ਹੀ ਅਸਲ ਸ਼ਾਹ ਹਨ ।

ਦੁਨੀਆ ਵਾਲਾ ਧਨ ਭਾਵੇਂ ਕਿਤਨਾ ਹੀ ਹੋਵੇ, ਫਿਰ ਭੀ ਮਨੁੱਖ ਦਾ ਮਨ ਕੰਗਾਲ ਹੀ ਕੰਗਾਲ; ਸੋ, ਨਿਰੀ ਮਾਇਆ ਦੀ ਖ਼ਾਤਰ ਮਿਹਨਤ ਨਿਹਫਲ ਹੀ ਜਾਂਦੀ ਹੈ । (੧੩ ਤੋਂ ੧੬)

(੪) ਇਹ ਨਾਮ-ਧਨ ਹਰੇਕ ਮਨੁੱਖ ਦੇ ਅੰਦਰ ਹੀ ਹੈ; ਪ੍ਰਭੂ-ਪਾਤਿਸ਼ਾਹ ਹਰੇਕ ਦੇ ਹਿਰਦੇ ਵਿਚ ਬੈਠਾ ਹੀ ਵੇਖ ਰਿਹਾ ਹੈ ਕਿ ਖੋਟੇ ਪਾਸੇ ਜਾ ਕੇ ਦੁਖੀ ਕੌਣ ਹੋ ਰਿਹਾ ਹੈ ਤੇ ਖਰੇ ਪਾਸੇ ਤੁਰ ਕੇ ਸੁਖੀ ਕੌਣ ਹੈ । ਪਰ, ਮਨਮੁਖ ਆਪਣਾ ਅੰਦਰ ਨਹੀਂ ਭਾਲਦਾ, ਬਾਹਰ ਹੀ ਭਟਕਦਾ ਤੇ ਦੁਖੀ ਹੁੰਦਾ ਹੈ । ਜੋ ਮਨੁੱਖ ਗੁਰੂ ਦੀ ਸਰਨ ਪੈ ਕੇ 'ਨਾਮ' ਜਪਦਾ ਹੈ ਉਸ ਦੀ ਹਉਮੈ ਦੂਰ ਹੁੰਦੀ ਹੈ ਉਸ ਦੇ ਪਾਪ ਨਾਸ ਹੁੰਦੇ ਹਨ ਤੇ ਉਸ ਦੇ ਅੰਦਰ ਠੰਢ ਵਰਤਦੀ ਹੈ । (੧੭ ਤੋਂ ੨੦)

(੫) ਪ੍ਰਭੂ ਆਪ ਹੀ ਸਭ ਦਾ ਮਾਲਕ ਹੈ, ਉਸੇ ਦੇ ਨਚਾਏ ਸਾਰੇ ਨੱਚਦੇ ਹਨ । ਗੁਰੂ ਨਾਲ ਮੇਲ ਭੀ ਉਸੇ ਦੀ ਆਪਣੀ ਮਿਹਰ ਨਾਲ ਹੀ ਹੁੰਦਾ ਹੈ । ਜਿਸ ਨੂੰ ਪ੍ਰਭੂ ਆਪ ਗੁਰੂ-ਚਰਨਾਂ ਵਿਚ ਜੋੜਦਾ ਹੈ ਉਹੀ 'ਨਾਮ' ਜਪਦਾ ਹੈ । (੨੧, ੨੨)

ਵਾਰ ਦੀ ਬਣਤਰ—

'ਵਾਰ' ਦੀਆਂ ੨੨ ਪਉੜੀਆਂ ਹਨ, ਇਹਨਾਂ ਨਾਲ ੪੭ ਸ਼ਲੋਕ ਹਨ । ਸ਼ਲੋਕਾਂ ਦਾ ਵੇਰਵਾ :—

ਮ: ੩ — ੨੩
ਮ: ੧ — ੧੮
ਮ: ੪ — ੩
ਮ: ੫ — ੨
ਮ: ੨ — ੧
. . . . ——
. ਜੋੜ . . ੪੭

ਸਿਰਫ਼ ਹੇਠ-ਲਿਖੀਆਂ ਪਉੜੀਆਂ ਨਾਲ ਸਾਰੇ ਸ਼ਲੋਕ ਗੁਰੂ ਅਮਰਦਾਸ ਜੀ ਦੇ ਹਨ ਜਿਨ੍ਹਾਂ ਦੀ ਇਹ ਵਾਰ ਹੈ—੪, ੭, ੯, ੧੦, ੧੧, ੧੬, ੧੭, ੧੮, ੨੨=੯ ਪਉੜੀਆਂ ।

ਹੇਠ-ਲਿਖੀਆਂ ਪਉੜੀਆਂ ਨਾਲ ਸਿਰਫ਼ ਇਕ ਇਕ ਸ਼ਲੋਕ ਮਹਲੇ ਤੀਜੇ ਦਾ ਹੈ—੧, ੩, ੬, ੮, ੧੯=੫ ਪਉੜੀਆਂ ।

੧੯ ਪਉੜੀਆਂ ਨਾਲ ਦੋ ਦੋ ਸ਼ਲੋਕ ਹਨ ਤੇ ਹੇਠ-ਲਿਖੀਆਂ ਦੋ ਪਉੜੀਆਂ ਨਾਲ ਤਿੰਨ ਤਿੰਨ ਸ਼ਲੋਕ—੨, ੧੩, ੧੪ ।

ਹਰੇਕ ਪਉੜੀ ਦੀਆਂ ਪੰਜ ਪੰਜ ਤੁਕਾਂ ਹਨ, ਸਿਰਫ਼ ਅਖ਼ੀਰਲੀ ਪਉੜੀ ਦੀਆਂ ੬ ਤੁਕਾਂ ਹਨ ।

ਸਾਰੀ 'ਵਾਰ' ਵਿਚ ੮ ਪਉੜੀਆਂ ਐਸੀਆਂ ਹਨ ਜਿਨ੍ਹਾਂ ਦੇ ਨਾਲ ਗੁਰੂ ਅਮਰਦਾਸ ਜੀ ਦਾ ਕੋਈ ਸ਼ਲੋਕ ਨਹੀਂ ਹੈ; ਪਹਿਲੀ ਹੀ ਪਉੜੀ ਦੇ ਨਾਲ ਇਹਨਾਂ ਦਾ ਕੋਈ ਸ਼ਲੋਕ ਨਹੀਂ ।

ਅਖ਼ੀਰਲੀ ਪਉੜੀ ਤੋਂ ਛੁਟ, ਸਾਰੀਆਂ ਪਉੜੀਆਂ ਦੀਆਂ ਇਕੋ ਜਿਤਨੀਆਂ ਤੁਕਾਂ, ਸਾਰੀਆਂ ਪਉੜੀਆਂ ਦੇ ਮਜ਼ਮੂਨ ਦੀ ਭੀ ਇਕੋ ਹੀ ਲੜੀ—ਇਹ ਦੋਵੇਂ ਗੱਲਾਂ ਸਾਬਤ ਕਰਦੀਆਂ ਹਨ ਕਿ 'ਵਾਰ' ਗੁਰੂ ਅਮਰਦਾਸ ਜੀ ਨੇ ਇੱਕ ਹੀ ਸਮੇ ਤੇ ਉਚਾਰੀ ਹੈ ।

ਸਿਰਫ਼ ੯ ਪਉੜੀਆਂ ਦੇ ਨਾਲ ਗੁਰੂ ਅਮਰਦਾਸ ਜੀ ਦੇ ਸਾਰੇ ਸ਼ਲੋਕ; ੫ ਪਉੜੀਆਂ ਨਾਲ ਉਹਨਾਂ ਦਾ ਇਕ ਇਕ ਸ਼ਲੋਕ; ੮ ਪਉੜੀਆਂ ਨਾਲ ਉਹਨਾਂ ਦਾ ਕੋਈ ਭੀ ਸ਼ਲੋਕ ਨਹੀਂ; ਪਹਿਲੀ ਹੀ ਪਉੜੀ ਨਾਲ ਉਹਨਾਂ ਦਾ ਕੋਈ ਭੀ ਸ਼ਲੋਕ ਨਾਹ ਹੋਣਾ—ਇਹ ਸਾਰੀਆਂ ਗੱਲਾਂ ਸਾਬਤ ਕਰਦੀਆਂ ਹਨ ਕਿ ਗੁਰੂ ਅਮਰਦਾਸ ਜੀ ਦੇ ਸ਼ਲੋਕ ਕਿਸੇ ਹੋਰ ਹੋਰ ਮੌਕੇ ਦੇ ਹਨ, 'ਵਾਰ' ਦੇ ਨਾਲ ਉਹਨਾਂ ਆਪ ਦਰਜ ਨਹੀਂ ਕੀਤੇ । 'ਵਾਰ' ਸਿਰਫ਼ 'ਪਉੜੀਆਂ' ਹੀ ਸੀ । ਸੋ, ਜੋ ਟੀਕਾਕਾਰ ਪਉੜੀ ਨੰ: ੧੦ ਦੀ ਪਹਿਲੀ ਤੁਕ 'ਦੋਵੈ ਤਰਫਾ ਉਪਾਈਓਨੁ' ਤੇ ਇਹ ਨੋਟ ਲਿਖਦਾ ਹੈ 'ਗੁਰਮੁਖਾ ਵਾਲਾ ਤੇ ਮਨਮੁਖਾ ਵਾਲਾ ਰਾਹ, ਜਿਨ੍ਹਾਂ ਨੂੰ ਸ਼ਲੋਕਾਂ ਵਿਚ ਕਾਂ ਅਤੇ ਹੰਸ ਕਿਹਾ ਹੈ' ਉਕਾਈ ਖਾ ਰਿਹਾ ਹੈ, ਕਿਉਂਕਿ ਪਉੜੀਆਂ ਨਾਲ ਇਹ ਸ਼ਲੋਕ ਤਾਂ ਗੁਰੂ ਅਰਜਨ ਸਾਹਿਬ ਨੇ ਦਰਜ ਕੀਤੇ ਸਨ । ਫਿਰ ਇਹ 'ਦੋਵੈ ਤਰਫਾ' ਕੇਹੜੀਆਂ ਹਨ? ਇਸ ਦਾ ਉੱਤਰ ਲੱਭਣ ਲਈ ਵੇਖੋ ਪਉੜੀ ਨੰ: ੬, ੭, ੮ ਅਤੇ ੯—

ਨੰ: ੬—ਦੁਨੀਆ ਦੇ 'ਭੂਪਤਿ ਰਾਜੇ' ।
ਨੰ: ੯—"ਸੂਰੇ" ਜੋ "ਅਹੰਕਾਰ ਮਰਹਿ" ।

ਨੰ: ੭—ਜਿਨ੍ਹਾਂ ਪਾਸ "ਹਰਿ ਕਾ ਨਾਮੁ ਅਮੋਲੁ ਹੈ" ।
ਨੰ: ੮—"ਸੇ ਸੂਰੇ ਪਰਧਾਨਾ" ਜੋ "ਲੂਝਹਿ ਮਨੈ ਸਿਉ" ।

ਮਾਰੂ ਵਾਰ ਮਹਲਾ ੩ ਸਲੋਕੁ ਮ: ੧ ॥

ੴ ਸਤਿਗੁਰ ਪ੍ਰਸਾਦਿ ॥ ਵਿਣੁ ਗਾਹਕ ਗੁਣੁ ਵੇਚੀਐ ਤਉ ਗੁਣੁ ਸਹਘੋ ਜਾਇ ॥ ਗੁਣ ਕਾ ਗਾਹਕੁ ਜੇ ਮਿਲੈ ਤਉ ਗੁਣੁ ਲਾਖ ਵਿਕਾਇ ॥ ਗੁਣ ਤੇ ਗੁਣ ਮਿਲਿ ਪਾਈਐ ਜੇ ਸਤਿਗੁਰ ਮਾਹਿ ਸਮਾਇ ॥ ਮੁੋਲਿ ਅਮੁੋਲੁ ਨ ਪਾਈਐ ਵਣਜਿ ਨ ਲੀਜੈ ਹਾਟਿ ॥ ਨਾਨਕ ਪੂਰਾ ਤੋਲੁ ਹੈ ਕਬਹੁ ਨ ਹੋਵੈ ਘਾਟਿ ॥੧॥ {ਪੰਨਾ ੧੦੮੬-੧੦੮੭}

ਪਦ ਅਰਥ :—ਸਹਘੋ—ਸਸਤਾ ('ਮਹਿਘਾ' ਤੇ 'ਸਹਘਾ') । ਲਾਖ—ਲੱਖੀਂ ਰੁਪਈਂ, ਭਾਵ, ਬੜੀ ਕੀਮਤ ਨਾਲ । ਗੁਣ ਤੇ—ਗੁਣਾਂ ਤੋਂ, ਪ੍ਰਭੂ ਦੇ ਗੁਣ ਗਾਉਣ ਨਾਲ। ਗੁਣ ਮਿਲਿ—ਗੁਣਾਂ ਵਿਚ ਮਿਲ ਕੇ, ਪ੍ਰਭੂ ਦੇ ਗੁਣਾਂ ਵਿਚ ਮਿਲਿਆਂ, ਪ੍ਰਭੂ ਦੀ ਸਿਫ਼ਤਿ-ਸਾਲਾਹ ਵਿਚ ਮਨ ਜੋੜਿਆਂ । ਪਾਈਐ—{ਇਹ ਲਫ਼ਜ਼ 'ਇਕ-ਵਚਨ' ਹੈ, ਇਸ ਦਾ 'ਬਹੁ-ਵਚਨ' ਹੈ 'ਪਾਈਅਹਿ'; ਲਫ਼ਜ਼ 'ਗੁਣ' ਭੀ 'ਬਹੁ-ਵਚਨ' ਹੈ, ਇਸ ਦਾ 'ਇਕ-ਵਚਨ' ਹੈ 'ਗੁਣੁ'; ਸੋ, 'ਪਾਈਐ' ਦਾ ਅਰਥ 'ਗੁਣ ਮਿਲਦੇ ਹਨ' ਗ਼ਲਤ ਹੈ ।} ਪਾਈਦਾ ਹੈ, ਮਿਲਦਾ ਹੈ, ('ਨਾਮ') ਮਿਲਦਾ ਹੈ । {ਨੋਟ :—ਕਈ ਟੀਕਾਕਾਰ 'ਪਉੜੀ' ਵਿਚ ਲਫ਼ਜ਼ 'ਗਿਆਨੁ' ਵੇਖ ਕੇ ਇਸ ਸ਼ਲੋਕ ਵਿਚ ਭੀ 'ਪਾਈਐ' ਦੇ ਨਾਲ ਲਫ਼ਜ਼ 'ਗਿਆਨੁ' ਜੋੜਦੇ ਹਨ, ਇਹ ਭੀ ਗ਼ਲਤ ਹੈ । 'ਵਾਰ' ਦੀ 'ਪਉੜੀ' ਆਪਣੇ ਥਾਂ ਹੈ ਤੇ ਇਹ ਸ਼ਲੋਕ ਆਪਣੇ ਥਾਂ; ਫਿਰ, ਇਹ ਸ਼ਲੋਕ ਹੈ ਭੀ ਗੁਰੂ ਨਾਨਕ ਦੇਵ ਦਾ ਤੇ 'ਪਉੜੀ' ਹੈ ਗੁਰੂ ਅਮਰਦਾਸ ਜੀ ਦੀ} । ਮੁੋਲਿ—{ਅਸਲ ਪਾਠ 'ਮੁਲਿ' ਹੈ, ਏਥੇ ਪੜ੍ਹਨਾ ਹੈ 'ਮੋਲਿ'} (ਕਿਸੇ) ਮੁੱਲ ਨਾਲ, ਕਿਸੇ ਕੀਮਤ ਨਾਲ । ਅਮੁੋਲੁ—(ਅਸਲ ਪਾਠ 'ਅਮੁਲੁ', ਏਥੇ ਪੜ੍ਹਨਾ 'ਅਮੋਲੁ'} ਅਮੋਲਕ । ਵਣਜਿ—ਖ਼ਰੀਦ ਕੇ । ਹਾਟਿ—ਹੱਟ ਤੋਂ । ਤੋਲੁ—('ਨਾਮ' ਦੇ) ਬਰਾਬਰ ਦੀ ਚੀਜ਼ । ਪੂਰਾ—ਮੁਕੰਮਲ, ਕਦੇ ਘੱਟ ਵਧ ਨਾਹ ਹੋਣ ਵਾਲਾ ।

ਅਰਥ :—ਜੇ ਕੋਈ ਗਾਹਕ ਨਾਹ ਹੋਵੇ ਤੇ (ਕੋਈ) ਗੁਣ (ਭਾਵ, ਕੋਈ ਕੀਮਤੀ ਪਦਾਰਥ) ਵੇਚੀਏ ਤਾਂ ਉਹ ਗੁਣ ਸਸਤੇ-ਭਾ ਵਿਕ ਜਾਂਦਾ ਹੈ, (ਭਾਵ, ਉਸ ਦੀ ਕਦਰ ਨਹੀਂ ਪੈਂਦੀ) । ਪਰ ਜੇ ਗੁਣ ਦਾ ਗਾਹਕ ਮਿਲ ਪਏ ਤਾਂ ਉਹ ਬਹੁਤ ਕੀਮਤ ਨਾਲ ਵਿਕਦਾ ਹੈ ।

(ਪਰ ਜੇ ਕੋਈ ਕਦਰ ਜਾਣਨ ਵਾਲਾ ਮਨੁੱਖ) ਗੁਰੂ ਵਿਚ 'ਆਪਾ' ਲੀਨ ਕਰ ਦੇਵੇ, ਤਾਂ ਪ੍ਰਭੂ ਦੇ ਗੁਣ ਗਾਂਵਿਆਂ, ਪ੍ਰਭੂ ਦੀ ਸਿਫ਼ਤਿ-ਸਾਲਾਹ ਵਿਚ ਜੁੜਿਆਂ (ਪ੍ਰਭੂ ਦਾ 'ਨਾਮ'-ਰੂਪ ਕੀਮਤੀ ਪਦਾਰਥ) ਮਿਲਦਾ ਹੈ । 'ਨਾਮ' ਬਹੁ-ਮੁੱਲਾ ਪਦਾਰਥ ਹੈ, ਕਿਸੇ ਕੀਮਤਿ ਨਾਲ ਨਹੀਂ ਮਿਲ ਸਕਦਾ, ਕਿਸੇ ਹੱਟ ਤੋਂ ਖ਼ਰੀਦ ਕੇ ਨਹੀਂ ਲਿਆ ਜਾ ਸਕਦਾ । ਹੇ ਨਾਨਕ! ('ਨਾਮ' ਦੇ ਮੁੱਲ ਦਾ) ਤੋਲ ਤਾਂ ਬੱਝਵਾਂ ਹੈ, ਉਹ ਕਦੇ ਘਟ ਨਹੀਂ ਸਕਦਾ (ਭਾਵ, 'ਆਪਾ ਗੁਰੂ ਵਿਚ ਲੀਨ ਕਰਨਾ'—ਇਹ ਬੱਝਵਾਂ ਮੁੱਲ ਹੈ, ਤੇ ਇਸ ਤੋਂ ਘਟ ਕੋਈ ਹੋਰ ਉੱਦਮ 'ਨਾਮ' ਦੀ ਪ੍ਰਾਪਤੀ ਲਈ ਕਾਫ਼ੀ ਨਹੀਂ ਹੈ) ।੧।

ਮ: ੪ ॥ ਨਾਮ ਵਿਹੂਣੇ ਭਰਮਸਹਿ ਆਵਹਿ ਜਾਵਹਿ ਨੀਤ ॥ ਇਕਿ ਬਾਂਧੇ ਇਕਿ ਢੀਲਿਆ, ਇਕਿ ਸੁਖੀਏ ਹਰਿ ਪ੍ਰੀਤਿ ॥ ਨਾਨਕ ਸਚਾ ਮੰਨਿ ਲੈ, ਸਚੁ ਕਰਣੀ ਸਚੁ ਰੀਤਿ ॥੨॥

ਅਰਥ :—ਜੋ ਮਨੁੱਖ 'ਨਾਮ' ਤੋਂ ਸੱਖਣੇ ਹਨ ਉਹ ਭਟਕਦੇ ਹਨ (ਭਟਕਣਾ ਦੇ ਕਾਰਨ) ਨਿੱਤ ਜੰਮਦੇ ਤੇ ਮਰਦੇ ਹਨ (ਭਾਵ, 'ਵਾਸਨਾ' ਪੂਰੀਆਂ ਕਰਨ ਲਈ ਜਨਮ ਮਰਨ ਦੇ ਗੇੜ ਵਿਚ ਪਏ ਰਹਿੰਦੇ ਹਨ); ਸੋ, ਕਈ ਜੀਵ (ਇਹਨਾਂ 'ਵਾਸਨਾ' ਨਾਲ) ਬੱਝੇ ਪਏ ਹਨ, ਕਈਆਂ ਨੇ ਬੰਧਨ ਕੁਝ ਢਿੱਲੇ ਕਰ ਲਏ ਹਨ ਤੇ ਕਈ ਪ੍ਰਭੂ ਦੇ ਪਿਆਰ ਵਿਚ ਰਹਿ ਕੇ (ਬਿਲਕੁਲ) ਸੁਖੀ ਹੋ ਗਏ ਹਨ । ਹੇ ਨਾਨਕ! ਜਿਹੜਾ ਮਨੁੱਖ ਸਦਾ-ਥਿਰ ਪਰਮਾਤਮਾ ਨੂੰ ਆਪਣੇ ਮਨ ਵਿਚ ਪੱਕਾ ਕਰ ਲੈਂਦਾ ਹੈ, ਸਦਾ-ਥਿਰ ਨਾਮ ਉਸ ਵਾਸਤੇ ਕਰਨ-ਜੋਗ ਕੰਮ ਹੈ ਸਦਾ-ਥਿਰ ਨਾਮ ਹੀ ਉਸ ਦੀ ਜੀਵਨ-ਜੁਗਤਿ ਹੋ ਜਾਂਦਾ ਹੈ ।੨।

ਪਉੜੀ ॥ ਗੁਰ ਤੇ ਗਿਆਨੁ ਪਾਇਆ ਅਤਿ ਖੜਗੁ ਕਰਾਰਾ ॥ ਦੂਜਾ ਭ੍ਰਮੁ ਗੜੁ ਕਟਿਆ ਮੋਹੁ ਲੋਭੁ ਅਹੰਕਾਰਾ ॥ ਹਰਿ ਕਾ ਨਾਮੁ ਮਨਿ ਵਸਿਆ ਗੁਰ ਸਬਦਿ ਵੀਚਾਰਾ ॥ ਸਚ ਸੰਜਮਿ ਮਤਿ ਊਤਮਾ ਹਰਿ ਲਗਾ ਪਿਆਰਾ ॥ ਸਭੁ ਸਚੋ ਸਚੁ ਵਰਤਦਾ ਸਚੁ ਸਿਰਜਣਹਾਰਾ ॥੧॥ {ਪੰਨਾ ੧੦੮੭}

ਅਰਥ :—(ਗਿਆਨ, ਮਾਨੋ) ਬੜਾ ਤੇਜ਼ ਖੰਡਾ ਹੈ, ਇਹ ਗਿਆਨ ਗੁਰੂ ਤੋਂ ਮਿਲਦਾ ਹੈ, (ਜਿਸ ਨੂੰ ਮਿਲਿਆ ਹੈ ਉਸ ਦਾ) ਮਾਇਆ ਦੀ ਖ਼ਾਤਰ ਭਟਕਣਾ, ਮੋਹ, ਲੋਭ ਤੇ ਅਹੰਕਾਰ-ਰੂਪ ਕਿਲ੍ਹਾ (ਜਿਸ ਵਿਚ ਉਹ ਘਿਰਿਆ ਪਿਆ ਸੀ, ਇਸ ਗਿਆਨ-ਖੜਗ ਨਾਲ) ਕੱਟਿਆ ਜਾਂਦਾ ਹੈ; ਗੁਰੂ ਦੇ ਸ਼ਬਦ ਵਿਚ ਸੁਰਤਿ ਜੋੜਿਆਂ ਉਸ ਦੇ ਮਨ ਵਿਚ ਪਰਮਾਤਮਾ ਦਾ ਨਾਮ ਵੱਸ ਪੈਂਦਾ ਹੈ । ਸਿਮਰਨ ਦੇ ਸੰਜਮ ਨਾਲ ਉਸ ਦੀ ਮਤਿ ਚੰਗੀ ਹੋ ਜਾਂਦੀ ਹੈ, ਰੱਬ ਉਸ ਨੂੰ ਪਿਆਰਾ ਲੱਗਣ ਲੱਗ ਪੈਂਦਾ ਹੈ; (ਆਖ਼ਰ ਉਸ ਦੀ ਇਹ ਹਾਲਤ ਹੋ ਜਾਂਦੀ ਹੈ ਕਿ) ਸਦਾ-ਥਿਰ ਸਿਰਜਣਹਾਰ ਉਸ ਨੂੰ ਹਰ ਥਾਂ ਵੱਸਦਾ ਦਿੱਸਦਾ ਹੈ ।੧।

ਸਲੋਕੁ ਮਃ ੩ ॥ ਕੇਦਾਰਾ ਰਾਗਾ ਵਿਚਿ ਜਾਣੀਐ ਭਾਈ ਸਬਦੇ ਕਰੇ ਪਿਆਰੁ ॥ ਸਤਸੰਗਤਿ ਸਿਉ ਮਿਲਦੋ ਰਹੈ ਸਚੇ ਧਰੇ ਪਿਆਰੁ ॥ ਵਿਚਹੁ ਮਲੁ ਕਟੇ ਆਪਣੀ ਕੁਲਾ ਕਾ ਕਰੇ ਉਧਾਰੁ ॥ ਗੁਣਾ ਕੀ ਰਾਸਿ ਸੰਗ੍ਰਹੈ ਅਵਗਣ ਕਢੈ ਵਿਡਾਰਿ ॥ ਨਾਨਕ ਮਿਲਿਆ ਸੋ ਜਾਣੀਐ, ਗੁਰੂ ਨ ਛੋਡੈ ਆਪਣਾ, ਦੂਜੈ ਨ ਧਰੇ ਪਿਆਰੁ ॥੧॥ {ਪੰਨਾ ੧੦੮੭}

ਪਦ ਅਰਥ :—ਰਾਸਿ—ਪੂੰਜੀ, ਸਰਮਾਇਆ । ਸੰਗ੍ਰਹੈ—ਇਕੱਠੀ ਕਰੇ । ਵਿਡਾਰਿ—ਮਾਰ ਕੇ ।

ਅਰਥ :—ਹੇ ਭਾਈ! ਕੇਦਾਰਾ ਰਾਗ ਨੂੰ (ਹੋਰ ਬਾਕੀ ਦੇ) ਰਾਗਾਂ ਵਿਚ ਤਾਂ ਹੀ ਜਾਣੋ (ਭਾਵ, ਕੇਦਾਰਾ ਰਾਗ ਨੂੰ ਤਾਂ ਹੀ ਵਡਿਆਈਏ, ਜੇ ਇਸ ਨੂੰ ਗਾਉਣ ਵਾਲਾ) ਗੁਰੂ ਦੇ ਸ਼ਬਦ ਵਿਚ ਪਿਆਰ ਕਰਨ ਲੱਗ ਪਏ, ਅੰਦਰੋਂ ਆਪਣੀ ਮੈਲ ਭੀ ਕੱਟੇ ਤੇ ਆਪਣੀਆਂ ਕੁਲਾਂ ਨੂੰ ਭੀ ਤਾਰ ਲਏ, ਗੁਣਾਂ ਦੀ ਪੂੰਜੀ ਇਕੱਠੀ ਕਰੇ ਤੇ ਔਗੁਣ ਮਾਰ ਕੇ ਕੱਢ ਦੇਵੇ ।

ਹੇ ਨਾਨਕ! (ਕੇਦਾਰਾ ਰਾਗ ਦੀ ਰਾਹੀਂ ਰੱਬ ਵਿਚ) ਜੁੜਿਆ ਉਸ ਨੂੰ ਸਮਝੋ ਜੋ ਕਦੇ ਆਪਣੇ ਗੁਰੂ ਦਾ ਆਸਰਾ ਨਾਹ ਛੱਡੇ ਤੇ ਮਾਇਆ ਵਿਚ ਮੋਹ ਨਾਹ ਪਾਏ ।੧।

ਮ: ੪ ॥ ਸਾਗਰੁ ਦੇਖਉ ਡਰਿ ਮਰਉ ਭੈ ਤੇਰੈ ਡਰੁ ਨਾਹਿ ॥ ਗੁਰ ਕੈ ਸਬਦਿ ਸੰਤੋਖੀਆ ਨਾਨਕ ਬਿਗਸਾ ਨਾਇ ॥੨॥ {ਪੰਨਾ ੧੦੮੭}

ਪਦ ਅਰਥ :—ਭੈ ਤੇਰੈ—ਤੇਰੇ ਡਰ ਦੀ ਰਾਹੀਂ, ਤੇਰੇ ਡਰ ਵਿਚ ਰਿਹਾਂ । ਬਿਗਸਾ—ਮੈਂ ਵਿਗਸਦਾ ਹਾਂ, ਖਿੜਦਾ ਹਾਂ । ਨਾਇ—(ਤੇਰੇ) ਨਾਮ ਦੀ ਰਾਹੀਂ ।

ਅਰਥ :—(ਹੇ ਪ੍ਰਭੂ!) ਜਦੋਂ ਮੈਂ (ਇਸ ਸੰਸਾਰ-) ਸਮੁੰਦਰ ਨੂੰ ਵੇਖਦਾ ਹਾਂ ਤਾਂ ਡਰ ਨਾਲ ਸਹਿਮ ਜਾਂਦਾ ਹਾਂ (ਕਿ ਕਿਵੇਂ ਇਸ ਵਿਚੋਂ ਬਚ ਕੇ ਲੰਘਾਂਗਾ, ਪਰ) ਤੇਰੇ ਡਰ ਵਿਚ ਰਿਹਾਂ (ਇਸ ਸੰਸਾਰ-ਸਮੁੰਦਰ ਦਾ ਕੋਈ) ਡਰ ਨਹੀਂ ਰਹਿ ਜਾਂਦਾ; ਕਿਉਂਕਿ, ਹੇ ਨਾਨਕ! ਗੁਰੂ ਦੇ ਸ਼ਬਦ ਦੀ ਰਾਹੀਂ ਮੈਂ ਸੰਤੋਖ ਵਾਲਾ ਬਣ ਰਿਹਾ ਹਾਂ ਤੇ ਪ੍ਰਭੂ ਦੇ ਨਾਮ ਦੀ ਰਾਹੀਂ ਮੈਂ ਖਿੜਦਾ ਹਾਂ ।੨।

ਮ: ੪ ॥ ਚੜਿ ਬੋਹਿਥੈ ਚਾਲਸਉ ਸਾਗਰੁ ਲਹਰੀ ਦੇਇ ॥ ਠਾਕ ਨ ਸਚੈ ਬੋਹਿਥੈ ਜੇ ਗੁਰੁ ਧੀਰਕ ਦੇਇ ॥ ਤਿਤੁ ਦਰਿ ਜਾਇ ਉਤਾਰੀਆ ਗੁਰੁ ਦਿਸੈ ਸਾਵਧਾਨੁ ॥ ਨਾਨਕ ਨਦਰੀ ਪਾਈਐ ਦਰਗਹ ਚਲੈ ਮਾਨੁ ॥੩॥ {ਪੰਨਾ ੧੦੮੭}

ਪਦ ਅਰਥ :—ਬੋਹਿਥ—ਜਹਾਜ਼ । ਲਹਰੀ—ਲਹਿਰਾਂ ('ਲਹਿਰ' ਤੋਂ 'ਬਹੁ-ਵਚਨ') । ਠਾਕ—ਰੋਕ । ਸਾਵਧਾਨੁ—ਸੁਚੇਤ, ਤਤਪਰ {ਸ+ਅਵਧਾਨ=ਧਿਆਨ ਸਹਿਤ, ਗਹੁ ਕਰਨ ਵਾਲਾ} ।

ਅਰਥ :—(ਸੰਸਾਰ-) ਸਮੁੰਦਰ (ਤਾਂ ਵਿਕਾਰਾਂ ਦੀਆਂ) ਠਾਠਾਂ ਮਾਰ ਰਿਹਾ ਹੈ ਪਰ ਮੈਂ (ਗੁਰ-ਸ਼ਬਦ-ਰੂਪ) ਜਹਾਜ਼ ਵਿਚ ਚੜ੍ਹ ਕੇ (ਇਸ ਸਮੁੰਦਰ ਵਿਚੋਂ) ਲੰਘਾਂਗਾ । ਜੇ ਸਤਿਗੁਰ ਹੌਸਲਾ ਦੇਵੇ ਤਾਂ ਇਸ ਸੱਚੇ ਜਹਾਜ਼ ਵਿਚ ਚੜ੍ਹਿਆਂ (ਸਫ਼ਰ ਵਿਚ) ਕੋਈ ਰੋਕ ਨਹੀਂ ਪਏਗੀ । ਮੈਨੂੰ ਆਪਣਾ ਗੁਰੂ ਸੁਚੇਤ ਦਿੱਸ ਰਿਹਾ ਹੈ (ਮੈਨੂੰ ਨਿਸ਼ਚਾ ਹੈ ਕਿ ਗੁਰੂ ਮੈਨੂੰ) ਉਸ (ਪ੍ਰਭੂ ਦੇ) ਦਰ ਤੇ ਜਾ ਉਤਾਰੇਗਾ ।

ਹੇ ਨਾਨਕ! (ਇਹ ਗੁਰ-ਸ਼ਬਦ ਦਾ ਜਹਾਜ਼) ਪ੍ਰਭੂ ਦੀ ਮਿਹਰ ਨਾਲ ਮਿਲਦਾ ਹੈ (ਇਸ ਦੀ ਬਰਕਤਿ ਨਾਲ) ਪ੍ਰਭੂ ਦੀ ਹਜ਼ੂਰੀ ਵਿਚ ਆਦਰ ਮਿਲਦਾ ਹੈ ।੩।

ਪਉੜੀ ॥ ਨਿਹਕੰਟਕ ਰਾਜੁ ਭੁੰਚਿ ਤੂ ਗੁਰਮੁਖਿ ਸਚੁ ਕਮਾਈ ॥ ਸਚੈ ਤਖਤਿ ਬੈਠਾ ਨਿਆਉ ਕਰਿ ਸਤ ਸੰਗਤਿ ਮੇਲਿ ਮਿਲਾਈ ॥ ਸਚਾ ਉਪਦੇਸੁ ਹਰਿ ਜਾਪਣਾ ਹਰਿ ਸਿਉ ਬਣਿ ਆਈ ॥ ਐਥੈ ਸੁਖਦਾਤਾ ਮਨਿ ਵਸੈ ਅੰਤਿ ਹੋਇ ਸਖਾਈ ॥ ਹਰਿ ਸਿਉ ਪ੍ਰੀਤਿ ਊਪਜੀ ਗੁਰਿ ਸੋਝੀ ਪਾਈ ॥੨॥ {ਪੰਨਾ ੧੦੮੭}

ਪਦ ਅਰਥ :—ਨਿਹਕੰਟਕ—ਜਿਸ ਵਿਚ ਕੋਈ ਕੰਡਾ ਚੋਭ ਨਾਹ ਲਾਏ । ਭੁੰਚਿ—ਮਾਣ । ਸਚੁ ਕਮਾਈ—ਸਿਮਰਨ-ਰੂਪ ਕਮਾਈ । ਗੁਰਿ—ਗੁਰੂ ਨੇ ।

ਅਰਥ :—(ਹੇ ਭਾਈ!) ਗੁਰੂ ਦੇ ਸਨਮੁਖ ਹੋ ਕੇ ਸਿਮਰਨ ਦੀ ਕਮਾਈ ਕਰ (ਤੇ ਇਸ ਤਰ੍ਹਾਂ) ਨਿਰਚੋਭ ਰਾਜ ਮਾਣ, (ਕਿਉਂਕਿ) ਜੋ ਪ੍ਰਭੂ ਸਦਾ-ਥਿਰ ਤਖ਼ਤ ਤੇ ਬਹਿ ਕੇ ਨਿਆਂ ਕਰ ਰਿਹਾ ਹੈ ਉਹ ਤੈਨੂੰ ਸਤਸੰਗ ਵਿਚ ਮਿਲਾ ਦੇਵੇਗਾ, ਓਥੇ ਨਾਮ-ਸਿਮਰਨ ਦੀ ਸੱਚੀ ਸਿੱਖਿਆ ਕਮਾਇਆਂ ਤੇਰੀ ਪ੍ਰਭੂ ਨਾਲ ਬਣ ਆਵੇਗੀ, ਇਸ ਜੀਵਨ ਵਿਚ ਸੁਖਦਾਤਾ ਰੱਬ ਮਨ ਵਿਚ ਵੱਸੇਗਾ ਤੇ ਅੰਤ ਵੇਲੇ ਭੀ ਸਾਥੀ ਬਣੇਗਾ ।

ਜਿਸ ਮਨੁੱਖ ਨੂੰ ਸਤਿਗੁਰੂ ਨੇ ਸਮਝ ਬਖ਼ਸ਼ੀ ਉਸ ਦਾ ਪ੍ਰਭੂ ਨਾਲ ਪਿਆਰ ਬਣ ਜਾਂਦਾ ਹੈ ।੨।

ਸਲੋਕੁ ਮ: ੧ ॥ ਭੁਲੀ ਭੁਲੀ ਮੈ ਫਿਰੀ ਪਾਧਰੁ ਕਹੈ ਨ ਕੋਇ ॥ ਪੂਛਹੁ ਜਾਇ ਸਿਆਣਿਆ ਦੁਖੁ ਕਾਟੈ ਮੇਰਾ ਕੋਇ ॥ ਸਤਿਗੁਰੁ ਸਾਚਾ ਮਨਿ ਵਸੈ ਸਾਜਨੁ ਉਤ ਹੀ ਠਾਇ ॥ ਨਾਨਕ ਮਨੁ ਤ੍ਰਿਪਤਾਸੀਐ ਸਿਫਤੀ ਸਾਚੈ ਨਾਇ ॥੧॥ {ਪੰਨਾ ੧੦੮੭}

ਪਦ ਅਰਥ :—ਭੁਲੀ ਭੁਲੀ—ਬਥੇਰਾ ਚਿਰ ਖੁੰਝੀ ਹੋਈ । ਪਾਧਰੁ—ਪੱਧਰਾ ਰਾਹ । ਉਤ ਹੀ ਠਾਇ—ਉਸੇ ਥਾਂ । ਤ੍ਰਿਪਤਾਸੀਐ—ਰੱਜ ਜਾਂਦਾ ਹੈ, ਭਟਕਣੋਂ ਹਟ ਜਾਂਦਾ ਹੈ । ਨਾਇ—ਨਾਮ ਦੀ ਰਾਹੀਂ ।

ਅਰਥ :—ਬਥੇਰੇ ਚਿਰ ਤੋਂ ਖੁੰਝੀ ਹੋਈ ਮੈਂ ਭਟਕ ਰਹੀ ਹਾਂ, ਮੈਨੂੰ ਕੋਈ ਪੱਧਰਾ ਰਾਹ ਨਹੀਂ ਦੱਸਦਾ, ਕੋਈ ਧਿਰ ਜਾ ਕੇ ਕਿਸੇ ਸਿਆਣੇ ਬੰਦਿਆਂ ਨੂੰ ਪੁੱਛੋ, ਭਲਾ ਜੇ ਕੋਈ ਮੇਰਾ ਕਸ਼ਟ ਕੱਟ ਦੇਵੇ ।

ਹੇ ਨਾਨਕ! ਜੇ ਸੱਚਾ ਗੁਰੂ ਮਨ ਵਿਚ ਆ ਵੱਸੇ ਤਾਂ ਸੱਜਣ ਪ੍ਰਭੂ ਭੀ ਓਸੇ ਥਾਂ (ਭਾਵ, ਹਿਰਦੇ ਵਿਚ ਹੀ ਮਿਲ ਪੈਂਦਾ ਹੈ), ਪ੍ਰਭੂ ਦੀ ਸਿਫ਼ਤਿ-ਸਾਲਾਹ ਕਰਨ ਨਾਲ ਤੇ ਪ੍ਰਭੂ ਦਾ ਨਾਮ ਸਿਮਰਿਆਂ ਮਨ ਭਟਕਣੋਂ ਹਟ ਜਾਂਦਾ ਹੈ ।੧।

ਮ: ੩ ॥ ਆਪੇ ਕਰਣੀ ਕਾਰ ਆਪਿ ਆਪੇ ਕਰੇ ਰਜਾਇ ॥ ਆਪੇ ਕਿਸ ਹੀ ਬਖਸਿ ਲਏ ਆਪੇ ਕਾਰ ਕਮਾਇ ॥ ਨਾਨਕ ਚਾਨਣੁ ਗੁਰ ਮਿਲੇ ਦੁਖ ਬਿਖੁ ਜਾਲੀ ਨਾਇ ॥੨॥ {ਪੰਨਾ ੧੦੮੭}

ਪਦ ਅਰਥ :—ਕਰਣੀ—ਕਰਨ-ਜੋਗ, ਜੋ ਕਰਨੀ ਚਾਹੀਦੀ ਹੈ । ਕਿਸ ਹੀ—ਜਿਸ ਕਿਸੇ ਨੂੰ । ਗੁਰ ਮਿਲੇ—ਗੁਰੂ ਨੂੰ ਮਿਲਿਆਂ । ਬਿਖੁ—ਵਿਹੁ । ਨਾਇ—ਨਾਮ ਦੀ ਰਾਹੀਂ ।

ਅਰਥ :—ਪ੍ਰਭੂ ਆਪਣੀ ਰਜ਼ਾ ਵਿਚ ਆਪ ਹੀ ਕਰਨ-ਜੋਗ ਕਾਰ ਕਰਦਾ ਹੈ, ਆਪ ਹੀ ਜੀਵ ਨੂੰ ਬਖ਼ਸ਼ਦਾ ਹੈ ਆਪ ਹੀ (ਜਿਸ ਤੇ ਮਿਹਰ ਕਰੇ ਉਸ ਵਿਚ ਪ੍ਰਤੱਖ ਹੋ ਕੇ ਭਗਤੀ ਦੀ) ਕਾਰ ਕਮਾਂਦਾ ਹੈ ।

ਹੇ ਨਾਨਕ! ਗੁਰੂ ਨੂੰ ਮਿਲ ਕੇ ਜਿਸ ਦੇ ਹਿਰਦੇ ਵਿਚ ਪ੍ਰਕਾਸ਼ ਹੁੰਦਾ ਹੈ ਉਹ 'ਨਾਮ' ਸਿਮਰ ਕੇ ਵਿਹੁ-ਰੂਪ ਮਾਇਆ ਤੋਂ ਪੈਦਾ ਹੋਏ ਦੁੱਖ ਸਾੜ ਦੇਂਦਾ ਹੈ ।੨।

ਪਉੜੀ ॥ ਮਾਇਆ ਵੇਖਿ ਨ ਭੁਲੁ ਤੂ ਮਨਮੁਖ ਮੂਰਖਾ ॥ ਚਲਦਿਆ ਨਾਲਿ ਨ ਚਲਈ ਸਭੁ ਝੂਠੁ ਦਰਬੁ ਲਖਾ ॥ ਅਗਿਆਨੀ ਅੰਧੁ ਨ ਬੂਝਈ ਸਿਰ ਊਪਰਿ ਜਮ ਖੜਗੁ ਕਲਖਾ ॥ ਗੁਰ ਪਰਸਾਦੀ ਉਬਰੇ ਜਿਨ ਹਰਿ ਰਸੁ ਚਖਾ ॥ ਆਪਿ ਕਰਾਏ ਕਰੇ ਆਪਿ ਆਪੇ ਹਰਿ ਰਖਾ ॥੩॥ {ਪੰਨਾ ੧੦੮੭}

ਪਦ ਅਰਥ :—ਦਰਬੁ—ਧਨ । ਲਖਾ—ਲਖ, ਵੇਖ । ਕਲਖਾ—ਕਲ ਖਾ, ਕਾਲ ਦਾ । ਜਿਨਿ—ਜਿਨ੍ਹਾਂ ਨੇ । ਰਖਾ—ਰਾਖਾ ।

ਅਰਥ :—ਹੇ ਮੂਰਖ! ਹੇ ਮਨ ਦੇ ਗ਼ੁਲਾਮ! ਮਾਇਆ ਨੂੰ ਵੇਖ ਕੇ ਉਕਾਈ ਨਾਹ ਖਾਹ, ਇਹ (ਏਥੋਂ) ਤੁਰਨ ਵੇਲੇ ਕਿਸੇ ਦੇ ਨਾਲ ਨਹੀਂ ਤੁਰਦੀ, ਸੋ, ਸਾਰੇ ਧਨ ਨੂੰ ਝੂਠਾ (ਸਾਥੀ) ਜਾਣ । (ਪਰ ਇਸ ਮਾਇਆ ਨੂੰ ਵੇਖ ਕੇ) ਮੂਰਖ ਅੰਨ੍ਹਾ ਮਨੁੱਖ ਨਹੀਂ ਸਮਝਦਾ ਕਿ ਸਿਰ ਉਤੇ ਜਮ ਦੀ ਮੌਤ ਦੀ ਤਲਵਾਰ ਭੀ ਹੈ (ਤੇ ਇਸ ਮਾਇਆ ਨਾਲੋਂ ਸਾਥ ਟੁੱਟਣਾ ਹੈ) ।

ਜਿਨ੍ਹਾਂ ਮਨੁੱਖਾਂ ਨੇ ਹਰਿ-ਨਾਮ ਦਾ ਰਸ ਚੱਖਿਆ ਹੈ ਉਹ ਗੁਰੂ ਦੀ ਮਿਹਰ ਨਾਲ (ਮਾਇਆ ਵਿਚ ਮੋਹ ਪਾਣ ਦੀ ਉਕਾਈ ਤੋਂ) ਬਚ ਜਾਂਦੇ ਹਨ; ਇਹ (ਉੱਦਮ) ਪ੍ਰਭੂ ਆਪ ਹੀ (ਜੀਵ ਪਾਸੋਂ) ਕਰਾਂਦਾ ਹੈ (ਜੀਵ ਵਿਚ ਬੈਠ ਕੇ, ਮਾਨੋ) ਆਪ ਹੀ ਕਰਦਾ ਹੈ, ਆਪ ਹੀ ਜੀਵ ਦਾ ਰਾਖਾ ਹੈ ।੩।

ਸਲੋਕੁ ਮਃ ੩ ॥ ਜਿਨਾ ਗੁਰੁ ਨਹੀ ਭੇਟਿਆ ਭੈ ਕੀ ਨਾਹੀ ਬਿੰਦ ॥ ਆਵਣੁ ਜਾਵਣੁ ਦੁਖੁ ਘਣਾ ਕਦੇ ਨ ਚੂਕੈ ਚਿੰਦ ॥ ਕਾਪੜ ਜਿਵੈ ਪਛੋੜੀਐ ਘੜੀ ਮੁਹਤ ਘੜੀਆਲੁ ॥ ਨਾਨਕ ਸਚੇ ਨਾਮ ਬਿਨੁ ਸਿਰਹੁ ਨ ਚੁਕੈ ਜੰਜਾਲੁ ॥੧॥ {ਪੰਨਾ ੧੦੮੮}

ਪਦ ਅਰਥ :—ਭੇਟਿਆ—{ਪਿਛਲੀ ਪਉੜੀ ਦੇ ਸਲੋਕ ਨੰ: ੨ ਵਿਚ 'ਗੁਰ ਮਿਲੇ' ਤੇ ਏਥੇ 'ਗੁਰੁ ਭੇਟਿਆ' ਆਇਆ ਹੈ । ਦੋਹਾਂ ਦਾ ਫ਼ਰਕ ਪਰਖੋ । 'ਗੁਰ ਮਿਲੇ' ਵਿਚ 'ਗੁਰ' ਦਾ ਅਰਥ ਹੈ 'ਗੁਰੂ ਨੂੰ' । 'ਗੁਰੁ ਭੇਟਿਆ' ਦਾ ਅਰਥ ਹੈ 'ਗੁਰੂ ਮਿਲਿਆ'; ਲਫ਼ਜ਼ 'ਜਿਨਾ' ਸਾਫ਼ ਦੱਸਦਾ ਹੈ='ਜਿਨ੍ਹਾਂ ਨੂੰ ਗੁਰੂ ਨਹੀਂ ਮਿਲਿਆ' । ਸੋ 'ਭੇਟਾ ਲੈ ਕੇ ਮਿਲਣ ਨੂੰ 'ਭੇਟਣਾ' ਕਹਿੰਦੇ ਹਨ'—ਇਹ ਅਰਥ ਉੱਕਾ ਗ਼ਲਤ ਹੈ ਕਿਉਂਕਿ ਗੁਰੂ ਭੇਟਾ ਲੈ ਕੇ ਸਿੱਖ ਨੂੰ ਨਹੀਂ ਮਿਲਦਾ} । ਚਿੰਦ—ਚਿੰਤਾ । ਪਛੋੜੀਐ—ਪਟੜੇ ਉੱਤੇ ਪਟਕਾਈਦਾ ਹੈ । ਜੰਜਾਲੁ—ਝੰਬੇਲਾ, ਚਿੰਤਾ, ਸਹਸਾ ।

ਅਰਥ :—ਜਿਨ੍ਹਾਂ ਨੂੰ ਗੁਰੂ ਨਹੀਂ ਮਿਲਿਆ, ਜਿਨ੍ਹਾਂ ਦੇ ਅੰਦਰ ਰੱਬ ਦਾ ਰਤਾ ਭੀ ਡਰ ਨਹੀਂ, ਉਹਨਾਂ ਨੂੰ ਜੰਮਣ ਮਰਨ (ਦਾ) ਡਾਢਾ ਦੁੱਖ ਲੱਗਾ ਰਹਿੰਦਾ ਹੈ, ਉਹਨਾਂ ਦੀ ਚਿੰਤਾ ਕਦੇ ਮੁੱਕਦੀ ਨਹੀਂ ।

ਹੇ ਨਾਨਕ! ਜਿਵੇਂ (ਧੋਣ ਵੇਲੇ) ਕੱਪੜਾ (ਪਟੜੇ ਤੇ) ਪਟਕਾਈਦਾ ਹੈ, ਜਿਵੇਂ ਘੜਿਆਲ ਮੁੜ ਮੁੜ (ਚੋਟਾਂ ਖਾਂਦਾ ਹੈ) ਤਿਵੇਂ ਪ੍ਰਭੂ-ਨਾਮ ਤੋਂ ਵਾਂਜੇ ਰਹਿ ਕੇ ਉਹਨਾਂ ਦੇ ਸਿਰ ਤੋਂ (ਭੀ) ਸਹਸਾ ਨਹੀਂ ਮੁੱਕਦਾ ।੧।

ਮਃ ੩ ॥ ਤ੍ਰਿਭਵਣ ਢੂਢੀ ਸਜਣਾ ਹਉਮੈ ਬੁਰੀ ਜਗਤਿ ॥ ਨ ਝੁਰੁ ਹੀਅੜੇ ਸਚੁ ਚਉ ਨਾਨਕ ਸਚੋ ਸਚੁ ॥੨॥ {ਪੰਨਾ ੧੦੮੮}

ਪਦ ਅਰਥ :—ਜਗਤਿ—ਜਗਤ ਵਿਚ । ਹੀਅੜੇ—ਹੇ ਦਿਲ! {'ਹੀਅੜਾ' ਤੋਂ ਸੰਬੋਧਨ 'ਹੀਅੜੇ' ਹੈ; ਜੇ ਅਰਥ ਕਰਨਾ ਹੋਵੇ 'ਦਿਲ ਵਿਚ', ਤਾਂ 'ਹੀਅੜੈ' ਲਫ਼ਜ਼ ਹੈ 'ਅਧਿਕਰਣ ਕਾਰਕ, ਇਕ-ਵਚਨ'} । ਨਾਨਕ ਹੀਅੜੇ—ਹੇ ਨਾਨਕ ਦੇ ਦਿਲ! ਸਚੁ—ਸੱਚਾ ਨਾਮ । ਚਉ—ਸਿਮਰ, ਉਚਾਰ ।

ਅਰਥ :—ਹੇ ਸੱਜਣ (ਪ੍ਰਭੂ!) ਮੈਂ ਤਿੰਨਾਂ ਹੀ ਭਵਨਾਂ ਵਿਚ ਭਾਲ ਵੇਖਿਆ ਹੈ ਕਿ ਜਗਤ ਵਿਚ 'ਹਉਮੈ' ਚੰਦਰੀ (ਬਲਾ ਚੰਬੜੀ ਹੋਈ) ਹੈ ।

(ਪਰ) ਹੇ ਨਾਨਕ ਦੇ ਦਿਲ! (ਇਸ 'ਹਉਮੈ' ਤੋਂ ਘਾਬਰ ਕੇ) ਚਿੰਤਾ ਨਾਹ ਕਰ, ਤੇ ਪ੍ਰਭੂ ਦਾ ਨਾਮ ਸਿਮਰ ਜੋ ਸਦਾ ਹੀ ਥਿਰ ਰਹਿਣ ਵਾਲਾ ਹੈ ।੨।

ਪਉੜੀ ॥ ਗੁਰਮੁਖਿ ਆਪੇ ਬਖਸਿਓਨੁ ਹਰਿ ਨਾਮਿ ਸਮਾਣੇ ॥ ਆਪੇ ਭਗਤੀ ਲਾਇਓਨੁ ਗੁਰ ਸਬਦਿ ਨੀਸਾਣੇ ॥ ਸਨਮੁਖ ਸਦਾ ਸੋਹਣੇ ਸਚੈ ਦਰਿ ਜਾਣੇ ॥ ਐਥੈ ਓਥੈ ਮੁਕਤਿ ਹੈ ਜਿਨ ਰਾਮ ਪਛਾਣੇ ॥ ਧੰਨੁ ਧੰਨੁ ਸੇ ਜਨ ਜਿਨ ਹਰਿ ਸੇਵਿਆ ਤਿਨ ਹਉ ਕੁਰਬਾਣੇ ॥੪॥ {ਪੰਨਾ ੧੦੮੮}

ਪਦ ਅਰਥ :—ਬਖਸਿਓਨੁ—ਬਖ਼ਸ਼ਿਆ ਹੈ ਉਸ ਨੇ । ਲਾਇਓਨੁ—ਲਾਇਆ ਹੈ ਉਸ ਨੇ । ਨੀਸਾਣੇ—ਨਿਸ਼ਾਨ, (ਮਾਇਆ ਦੇ ਪ੍ਰਭਾਵ ਤੋਂ ਬਚਾਣ ਲਈ ਲਾਇਆ ਹੋਇਆ) ਨਿਸ਼ਾਨ ।

ਅਰਥ :—ਜੋ ਜੋ ਮਨੁੱਖ ਗੁਰੂ ਦੀ ਸਰਨ ਪੈਂਦਾ ਹੈ ਉਸ ਨੂੰ ਪ੍ਰਭੂ ਆਪ ਹੀ ਬਖ਼ਸ਼ਦਾ ਹੈ (ਭਾਵ, ਮਾਇਆ ਦੇ ਅਸਰ ਤੋਂ ਬਚਾਂਦਾ ਹੈ; ਵੇਖੋ ਪਉੜੀ ੩), ਉਹ ਮਨੁੱਖ ਪ੍ਰਭੂ ਦੇ ਨਾਮ ਵਿਚ ਜੁੜਦੇ ਹਨ । ਸਤਿਗੁਰੂ ਦੇ ਸ਼ਬਦ ਦੀ ਰਾਹੀਂ (ਮਾਇਆ ਦੇ ਅਸਰ ਤੋਂ ਨਿਖੇੜਨ ਵਾਲਾ) ਨਿਸ਼ਾਨ ਲਾ ਕੇ ਆਪ ਹੀ ਉਸ ਨੇ (ਗੁਰਮੁਖ ਨੂੰ) ਭਗਤੀ ਵਿਚ ਲਾਇਆ ਹੈ ।

ਜੋ ਮਨੁੱਖ ਭਗਤੀ ਕਰਦੇ ਹਨ ਉਹਨਾਂ ਨੂੰ ਪ੍ਰਭੂ ਦੇ ਦਰ ਤੇ ਅੱਖਾਂ ਨੀਵੀਆਂ ਨਹੀਂ ਕਰਨੀਆਂ ਪੈਂਦੀਆਂ, (ਕਿਉਂਕਿ ਭਗਤੀ ਕਰਨ ਕਰਕੇ) ਉਹਨਾਂ ਦੇ ਮੂੰਹ ਸੋਹਣੇ ਲੱਗਦੇ ਹਨ, ਪ੍ਰਭੂ-ਦਰ ਤੇ ਆਦਰ ਮਿਲਦਾ ਹੈ ।

ਜਿਨ੍ਹਾਂ ਪਰਮਾਤਮਾ ਨਾਲ ਡੂੰਘੀ ਸਾਂਝ ਪਾਈ ਹੈ ਉਹ ਲੋਕ ਪਰਲੋਕ ਵਿਚ (ਮਾਇਆ ਦੇ ਪ੍ਰਭਾਵ ਤੋਂ) ਆਜ਼ਾਦ ਰਹਿੰਦੇ ਹਨ । ਭਾਗਾਂ ਵਾਲੇ ਹਨ ਉਹ ਬੰਦੇ ਜਿਨ੍ਹਾਂ ਪ੍ਰਭੂ ਦੀ ਬੰਦਗੀ ਕੀਤੀ ਹੈ, ਮੈਂ ਉਹਨਾਂ ਤੋਂ ਸਦਕੇ ਹਾਂ ।੪।

ਸਲੋਕੁ ਮਃ ੧ ॥ ਮਹਲ ਕੁਚਜੀ ਮੜਵੜੀ ਕਾਲੀ ਮਨਹੁ ਕਸੁਧ ॥ ਜੇ ਗੁਣ ਹੋਵਨਿ ਤਾ ਪਿਰੁ ਰਵੈ ਨਾਨਕ ਅਵਗੁਣ ਮੁੰਧ ॥੧॥ {ਪੰਨਾ ੧੦੮੮}

ਪਦ ਅਰਥ :—ਮਹਲ—ਇਸਤ੍ਰੀ । ਮੜ—ਸਰੀਰ । ਮੜਵੜੀ—ਸਰੀਰ ਨਾਲ ਹੀ ਪਿਆਰ ਰੱਖਣ ਵਾਲੀ, ਸਰੀਰ ਨਾਲ ਆਪਣੇ ਆਪ ਨੂੰ ਇਕ ਸਮਝਣ ਵਾਲੀ । ਮੁੰਧ—ਇਸਤ੍ਰੀ ।

ਅਰਥ :—ਉਸ (ਜੀਵ-) ਇਸਤ੍ਰੀ ਨੂੰ ਕੋਈ ਚੱਜ ਨਹੀਂ ਜੋ ਨਿਰਾ ਆਪਣੇ ਸਰੀਰ ਨਾਲ ਪਿਆਰ ਕਰਦੀ ਹੈ, ਉਹ ਅੰਦਰੋਂ ਕਾਲੀ ਹੈ, ਮੈਲੀ ਹੈ । ਹੇ ਨਾਨਕ! (ਜੀਵ-ਇਸਤ੍ਰੀ) ਖਸਮ ਪ੍ਰਭੂ ਨੂੰ ਤਾਂ ਹੀ ਮਿਲ ਸਕਦੀ ਹੈ ਜੇ (ਉਸ ਦੇ) ਅੰਦਰ ਗੁਣ ਹੋਣ, (ਪਰ ਕੁਚੱਜੀ) ਇਸਤ੍ਰੀ ਦੇ ਪਾਸ ਹੋਏ ਨਿਰੇ ਔਗੁਣ ਹੀ ।੧।

ਮਃ ੧ ॥ ਸਾਚੁ ਸੀਲ ਸਚੁ ਸੰਜਮੀ ਸਾ ਪੂਰੀ ਪਰਵਾਰਿ ॥ ਨਾਨਕ ਅਹਿਨਿਸਿ ਸਦਾ ਭਲੀ ਪਿਰ ਕੈ ਹੇਤਿ ਪਿਆਰਿ ॥੨॥ {ਪੰਨਾ ੧੦੮੮}

ਪਦ ਅਰਥ :—ਸਾ—ਉਹ ਇਸਤ੍ਰੀ । ਪਰਵਾਰਿ—ਪਰਵਾਰ ਵਿਚ । ਅਹਿ—ਦਿਨ । ਨਿਸਿ—ਰਾਤ । ਹੇਤਿ—ਹਿਤ ਵਿਚ । ਪਿਆਰਿ—ਪਿਆਰ ਵਿਚ ।

ਅਰਥ :—ਹੇ ਨਾਨਕ! ਜੋ ਇਸਤ੍ਰੀ ਪਤੀ ਦੇ ਹਿਤ ਵਿਚ ਪਿਆਰ ਵਿਚ ਰਹਿੰਦੀ ਹੈ ਉਹ ਦਿਨੇ ਰਾਤ ਹਰ ਵੇਲੇ ਚੰਗੀ ਹੈ, ਉਹੀ ਚੰਗੇ ਆਚਰਨ ਵਾਲੀ ਤੇ ਜੁਗਤਿ ਵਾਲੀ ਹੈ, ਉਹ ਪਰਵਾਰ ਵਿਚ ਮੰਨੀ-ਪ੍ਰਮੰਨੀ ਹੈ ।੨।

ਪਉੜੀ ॥ ਆਪਣਾ ਆਪੁ ਪਛਾਣਿਆ ਨਾਮੁ ਨਿਧਾਨੁ ਪਾਇਆ ॥ ਕਿਰਪਾ ਕਰਿ ਕੈ ਆਪਣੀ ਗੁਰ ਸਬਦਿ ਮਿਲਾਇਆ ॥ ਗੁਰ ਕੀ ਬਾਣੀ ਨਿਰਮਲੀ ਹਰਿ ਰਸੁ ਪੀਆਇਆ ॥ ਹਰਿ ਰਸੁ ਜਿਨੀ ਚਾਖਿਆ ਅਨ ਰਸ ਠਾਕਿ ਰਹਾਇਆ ॥ ਹਰਿ ਰਸੁ ਪੀ ਸਦਾ ਤ੍ਰਿਪਤਿ ਭਏ ਫਿਰਿ ਤ੍ਰਿਸਨਾ ਭੁਖ ਗਵਾਇਆ ॥੫॥ {ਪੰਨਾ ੧੦੮੮}

ਅਰਥ :—ਜਿਸ ਮਨੁੱਖ ਨੇ ਆਪਣੇ ਆਤਮਕ ਜੀਵਨ ਨੂੰ (ਸਦਾ) ਪੜਤਾਲਿਆ ਹੈ ਉਸ ਨੂੰ ਨਾਮ-ਖ਼ਜ਼ਾਨਾ ਮਿਲ ਜਾਂਦਾ ਹੈ, ਪ੍ਰਭੂ ਆਪਣੀ ਮਿਹਰ ਕਰ ਕੇ ਉਸ ਨੂੰ ਸਤਿਗੁਰੂ ਦੇ ਸ਼ਬਦ ਵਿਚ ਜੋੜਦਾ ਹੈ, ਤੇ, ਗੁਰੂ ਦੀ ਪਵਿਤ੍ਰ ਬਾਣੀ ਦੀ ਰਾਹੀਂ ਉਸ ਨੂੰ ਆਪਣੇ ਨਾਮ ਦਾ ਰਸ ਪਿਲਾਂਦਾ ਹੈ ।

ਜਿਨ੍ਹਾਂ ਨੇ ਨਾਮ-ਰਸ ਚੱਖਿਆ ਹੈ ਉਹ ਹੋਰ ਰਸਾਂ ਨੂੰ ਵਰਜ ਰੱਖਦੇ ਹਨ (ਭਾਵ, ਦੁਨੀਆ ਦੇ ਚਸਕਿਆਂ ਨੂੰ ਆਪਣੇ ਨੇੜੇ ਨਹੀਂ ਢੁਕਣ ਦੇਂਦੇ); ਨਾਮ-ਰਸ ਪੀ ਕੇ ਉਹ ਸਦਾ ਰੱਜੇ ਰਹਿੰਦੇ ਹਨ ਤੇ ਮਾਇਆ ਦੀ ਤ੍ਰਿਸ਼ਨਾ ਤੇ ਭੁੱਖ ਨਾਸ ਕਰ ਲੈਂਦੇ ਹਨ ।੫।

ਸਲੋਕੁ ਮਃ ੩ ॥ ਪਿਰ ਖੁਸੀਏ ਧਨ ਰਾਵੀਏ ਧਨ ਉਰਿ ਨਾਮੁ ਸੀਗਾਰੁ ॥ ਨਾਨਕ ਧਨ ਆਗੈ ਖੜੀ ਸੋਭਾਵੰਤੀ ਨਾਰਿ ॥੧॥ {ਪੰਨਾ ੧੦੮੮}

ਪਦ ਅਰਥ :—ਉਰਿ—ਹਿਰਦੇ ਵਿਚ । ਖੁਸੀਏ—ਖ਼ੁਸ਼ੀ ਨਾਲ । ਧਨ—ਜੀਵ-ਇਸਤ੍ਰੀ ।

ਅਰਥ :—ਜਿਸ ਜੀਵ-ਇਸਤ੍ਰੀ ਦੇ ਹਿਰਦੇ ਵਿਚ 'ਨਾਮ'-ਸਿੰਗਾਰ ਹੈ ਉਸ ਨੂੰ ਪ੍ਰਭੂ-ਪਤੀ ਖ਼ੁਸ਼ੀ ਨਾਲ ਆਪਣੇ ਨਾਲ ਮਿਲਾਂਦਾ ਹੈ । ਹੇ ਨਾਨਕ! ਜੋ ਜੀਵ-ਇਸਤ੍ਰੀ ਪ੍ਰਭੂ-ਪਤੀ ਦੀ ਹਜ਼ੂਰੀ ਵਿਚ ਖਲੋਤੀ ਰਹਿੰਦੀ ਹੈ ਉਸ ਨੂੰ ਸੋਭਾ ਮਿਲਦੀ ਹੈ ।੧।

ਮਃ ੧ ॥ ਸਸੁਰੈ ਪੇਈਐ ਕੰਤ ਕੀ ਕੰਤੁ ਅਗੰਮੁ ਅਥਾਹੁ ॥ ਨਾਨਕ ਧੰਨੁ ਸੋੁਹਾਗਣੀ ਜੋ ਭਾਵਹਿ ਵੇਪਰਵਾਹ ॥੨॥ {ਪੰਨਾ ੧੦੮੮}

ਪਦ ਅਰਥ :—{ਨੋਟ—ਫ਼ਰੀਦ ਜੀ ਦੇ ਸ਼ਲੋਕਾਂ ਵਿਚ ਭੀ ਇਹ ਸ਼ਲੋਕ ਨੰ: ੩੨ ਤੇ ਦਰਜ ਹੈ; ਪਰ ਕਈ ਥਾਈਂ ਫ਼ਰਕ ਹਨ, ਪਾਠਕ-ਜਨ ਆਪ ਟਾਕਰਾ ਕਰ ਕੇ ਵੇਖ ਲੈਣ} । ਸੋੁਹਾਗਣੀ—{ਏਥੇ 'ਸ' ਦੇ ਨਾਲ (ੁ) ਪੜ੍ਹਨਾ ਹੈ, ਅਸਲ ਲਫ਼ਜ਼ 'ਸੋਹਾਗਣੀ' ਹੈ} ।

ਅਰਥ :—ਪ੍ਰਭੂ-ਖਸਮ ਅਪਹੁੰਚ ਹੈ ਤੇ ਬਹੁਤ ਡੂੰਘਾ ਹੈ; ਜੋ ਜੀਵ-ਇਸਤ੍ਰੀਆਂ ਸਹੁਰੇ-ਘਰ ਤੇ ਪੇਕੇ-ਘਰ (ਦੋਹੀਂ ਥਾਈਂ, ਭਾਵ ਲੋਕ ਪਰਲੋਕ ਵਿਚ ਉਸ) ਖਸਮ ਦੀਆਂ ਹੋ ਕੇ ਰਹਿੰਦੀਆਂ ਹਨ ਤੇ (ਇਸ ਤਰ੍ਹਾਂ) ਉਸ ਬੇਪਰਵਾਹ ਨੂੰ ਪਿਆਰੀਆਂ ਲੱਗਦੀਆਂ ਹਨ ਉਹ ਭਾਗਾਂ ਵਾਲੀਆਂ ਹਨ ।੨।

ਪਉੜੀ ॥ ਤਖਤਿ ਰਾਜਾ ਸੋ ਬਹੈ ਜਿ ਤਖਤੈ ਲਾਇਕ ਹੋਈ ॥ ਜਿਨੀ ਸਚੁ ਪਛਾਣਿਆ ਸਚੁ ਰਾਜੇ ਸੇਈ ॥ ਏਹਿ ਭੂਪਤਿ ਰਾਜੇ ਨ ਆਖੀਅਹਿ ਦੂਜੈ ਭਾਇ ਦੁਖੁ ਹੋਈ ॥ ਕੀਤਾ ਕਿਆ ਸਾਲਾਹੀਐ ਜਿਸੁ ਜਾਦੇ ਬਿਲਮ ਨ ਹੋਈ ॥ ਨਿਹਚਲੁ ਸਚਾ ਏਕੁ ਹੈ ਗੁਰਮੁਖਿ ਬੂਝੈ ਸੁ ਨਿਹਚਲੁ ਹੋਈ ॥੬॥ {ਪੰਨਾ ੧੦੮੮}

ਪਦ ਅਰਥ :—ਤਖਤਿ—ਤਖ਼ਤ ਉੱਤੇ । ਭੂਪਤਿ—{ਭੂ—ਧਰਤੀ । ਪਤਿ—ਮਾਲਕ} ਧਰਤੀ ਦੇ ਮਾਲਕ । ਦੂਜੈ ਭਾਇ—ਮਾਇਆ ਦੇ ਮੋਹ ਵਿਚ । ਕੀਤਾ—ਪੈਦਾ ਕੀਤਾ ਹੋਇਆ । ਬਿਲਮ—ਚਿਰ, ਦੇਰ ।

ਅਰਥ :—ਜੋ ਮਨੁੱਖ ਤਖ਼ਤ ਦੇ ਜੋਗ ਹੁੰਦਾ ਹੈ ਉਹੀ ਰਾਜਾ ਬਣ ਕੇ ਤਖ਼ਤ ਤੇ ਬੈਠਦਾ ਹੈ (ਭਾਵ, ਜੋ ਮਾਇਆ ਦੀ 'ਤ੍ਰਿਸ਼ਨਾ ਭੁਖ' ਗਵਾ ਕੇ ਬੇਪਰਵਾਹ ਹੋ ਜਾਂਦਾ ਹੈ ਉਹੀ ਆਦਰ ਪਾਂਦਾ ਹੈ); ਸੋ, ਜਿਨ੍ਹਾਂ ਨੇ ਪ੍ਰਭੂ ਨਾਲ ਡੂੰਘੀ ਸਾਂਝ ਪਾ ਲਈ ਹੈ ਉਹੀ ਅਸਲ ਰਾਜੇ ਹਨ ।

ਧਰਤੀ ਦੇ ਮਾਲਕ ਬਣੇ ਹੋਏ ਇਹ ਲੋਕ ਰਾਜੇ ਨਹੀਂ ਕਹੇ ਜਾ ਸਕਦੇ, ਇਹਨਾਂ ਨੂੰ (ਇਕ ਤਾਂ) ਮਾਇਆ ਦੇ ਮੋਹ ਕਰਕੇ ਸਦਾ ਦੁੱਖ ਵਾਪਰਦਾ ਹੈ, (ਦੂਜੇ) ਉਸ ਨੂੰ ਕੀਹ ਵਡਿਆਉਣਾ ਹੋਇਆ ਜੋ ਪੈਦਾ ਕੀਤਾ ਹੋਇਆ ਹੈ ਜਿਸ ਦੇ ਨਾਸ ਹੁੰਦਿਆਂ ਚਿਰ ਨਹੀਂ ਲੱਗਦਾ ।

ਅਟੱਲ ਰਾਜ ਵਾਲਾ ਇਕ ਪ੍ਰਭੂ ਹੀ ਹੈ । ਜੋ ਗੁਰੂ ਦੇ ਸਨਮੁਖ ਹੋ ਕੇ ਇਹ ਗੱਲ ਸਮਝ ਲੈਂਦਾ ਹੈ, ਉਹ ਭੀ ("ਤ੍ਰਿਸ਼ਨਾ ਭੁਖ" ਵਲੋਂ) ਅਡੋਲ ਹੋ ਜਾਂਦਾ ਹੈ ।੬।

ਸਲੋਕੁ ਮਃ ੩ ॥ ਸਭਨਾ ਕਾ ਪਿਰੁ ਏਕੁ ਹੈ ਪਿਰ ਬਿਨੁ ਖਾਲੀ ਨਾਹਿ ॥ ਨਾਨਕ ਸੇ ਸੋਹਾਗਣੀ ਜਿ ਸਤਿਗੁਰ ਮਾਹਿ ਸਮਾਹਿ ॥੧॥ {ਪੰਨਾ ੧੦੮੮}

ਅਰਥ :—ਸਭ ਜੀਵ ਇਸਤ੍ਰੀਆਂ ਦਾ ਖਸਮ ਇਕ ਪ੍ਰਭੂ ਹੈ, ਕੋਈ ਐਸੀ ਨਹੀਂ ਜਿਸ ਦੇ ਸਿਰ ਉਤੇ ਖਸਮ ਨਾਹ ਹੋਵੇ । ਪਰ, ਹੇ ਨਾਨਕ! ਸੁਹਾਗ-ਭਾਗ ਵਾਲੀਆਂ ਉਹ ਹਨ ਜੋ ਸਤਿਗੁਰੂ ਵਿਚ ਲੀਨ ਹਨ ।੧।

ਮਃ ੩ ॥ ਮਨ ਕੇ ਅਧਿਕ ਤਰੰਗ, ਕਿਉ ਦਰਿ ਸਾਹਿਬ ਛੁਟੀਐ ॥ ਜੇ ਰਾਚੈ ਸਚ ਰੰਗਿ ਗੂੜੈ ਰੰਗਿ ਅਪਾਰ ਕੈ ॥ ਨਾਨਕ ਗੁਰ ਪਰਸਾਦੀ ਛੁਟੀਐ ਜੇ ਚਿਤੁ ਲਗੈ ਸਚਿ ॥੨॥ {ਪੰਨਾ ੧੦੮੮}

ਅਰਥ :—(ਜਿਤਨਾ ਚਿਰ) ਮਨ ਦੀਆਂ ਕਈ ਲਹਿਰਾਂ ਹਨ (ਭਾਵ, ਤ੍ਰਿਸ਼ਨਾ ਦੀਆਂ ਕਈ ਲਹਿਰਾਂ ਮਨ ਵਿਚ ਉੱਠ ਰਹੀਆਂ ਹਨ, ਉਤਨਾ ਚਿਰ) ਮਾਲਕ ਦੀ ਹਜ਼ੂਰੀ ਵਿਚ ਸੁਰਖ਼ਰੂ ਨਹੀਂ ਹੋ ਸਕੀਦਾ । ਜੇ ਬੇਅੰਤ ਪ੍ਰਭੂ ਦੇ ਗੂੜ੍ਹੇ ਪਿਆਰ ਵਿਚ, ਸਦਾ-ਥਿਰ ਰਹਿਣ ਵਾਲੇ ਰੰਗ ਵਿਚ ਮਨ ਮਸਤ ਰਹੇ, ਜੇ ਚਿੱਤ ਸਦਾ-ਥਿਰ ਪ੍ਰਭੂ ਵਿਚ ਜੁੜਿਆ ਰਹੇ, ਤਾਂ, ਹੇ ਨਾਨਕ! ਗੁਰੂ ਦੀ ਮਿਹਰ ਨਾਲ ਸੁਰਖ਼ਰੂ ਹੋਈਦਾ ਹੈ ।੨।

ਪਉੜੀ ॥ ਹਰਿ ਕਾ ਨਾਮੁ ਅਮੋਲੁ ਹੈ ਕਿਉ ਕੀਮਤਿ ਕੀਜੈ ॥ ਆਪੇ ਸ੍ਰਿਸਟਿ ਸਭ ਸਾਜੀਅਨੁ ਆਪੇ ਵਰਤੀਜੈ ॥ ਗੁਰਮੁਖਿ ਸਦਾ ਸਲਾਹੀਐ ਸਚੁ ਕੀਮਤਿ ਕੀਜੈ ॥ ਗੁਰ ਸਬਦੀ ਕਮਲੁ ਬਿਗਾਸਿਆ ਇਵ ਹਰਿ ਰਸੁ ਪੀਜੈ ॥ ਆਵਣ ਜਾਣਾ ਠਾਕਿਆ ਸੁਖਿ ਸਹਜਿ ਸਵੀਜੈ ॥੭॥ {ਪੰਨਾ ੧੦੮੯}

ਪਦ ਅਰਥ :—ਕਿਉ...ਕੀਜੈ—ਕਿਵੇਂ ਮੁੱਲ ਪਾਇਆ ਜਾ ਸਕੇ? ਮੁੱਲ ਨਹੀਂ ਕੀਤਾ ਜਾ ਸਕਦਾ, 'ਨਾਮ' ਦੇ ਸਾਵੇਂ ਮੁੱਲ ਦੀ ਕੋਈ ਚੀਜ਼ ਪੇਸ਼ ਨਹੀਂ ਕੀਤੀ ਜਾ ਸਕਦੀ । ਸਾਜੀਅਨੁ—ਸਾਜੀ ਹੈ ਉਸ (ਪ੍ਰਭੂ) ਨੇ । ਇਵ—ਇਸ ਤਰ੍ਹਾਂ । ਸਹਜਿ—'ਸਹਜ' ਵਿਚ, ਸ਼ਾਂਤ ਅਵਸਥਾ ਵਿਚ ।

ਅਰਥ :—(ਧਰਤੀ ਦੇ ਮਾਲਕ ਰਾਜਿਆਂ ਦੇ ਟਾਕਰੇ ਤੇ) ਪ੍ਰਭੂ ਦਾ ਨਾਮ ਇਕ ਐਸੀ ਵਸਤ ਹੈ ਜਿਸ ਦਾ ਮੁੱਲ ਨਹੀਂ ਪੈ ਸਕਦਾ, ਜਿਸ ਦੇ ਸਾਵੇਂ ਮੁੱਲ ਦੀ ਕੋਈ ਚੀਜ਼ ਨਹੀਂ ਦੱਸੀ ਜਾ ਸਕਦੀ, (ਪ੍ਰਭੂ ਦੇ ਨਾਮ ਦੇ ਸਾਵੇਂ ਮੁੱਲ ਦੀ ਚੀਜ਼ ਹੋਵੇ ਭੀ ਕਿਵੇਂ? ਕਿਉਂਕਿ) ਉਸ ਨੇ ਆਪ ਹੀ ਸਾਰੀ ਸ੍ਰਿਸ਼ਟੀ ਬਣਾਈ ਹੈ ਤੇ ਆਪ ਹੀ ਇਸ ਵਿਚ ਹਰ ਥਾਂ ਮੌਜੂਦ ਹੈ । (ਹਾਂ,) ਗੁਰੂ ਦੇ ਸਨਮੁਖ ਹੋ ਕੇ ਸਦਾ ਸਿਫ਼ਤਿ-ਸਾਲਾਹ ਕਰੀਏ (ਬੱਸ, ਇਹ) ਸਿਮਰਨ ਹੀ ('ਨਾਮ' ਦੀ ਪ੍ਰਾਪਤੀ ਲਈ) ਮੁੱਲ ਕੀਤਾ ਜਾ ਸਕਦਾ ਹੈ, (ਕਿਉਂਕਿ) ਗੁਰੂ ਦੇ ਸਬਦ ਦੀ ਰਾਹੀਂ ਹਿਰਦਾ-ਕੌਲ ਖਿੜਦਾ ਹੈ ਤੇ ਇਸ ਤਰ੍ਹਾਂ ਨਾਮ-ਰਸ ਪੀਵੀਦਾ ਹੈ, (ਜਗਤ ਵਿਚ) ਆਉਣ ਜਾਣ ਦਾ ਗੇੜ ਮੁੱਕ ਜਾਂਦਾ ਹੈ ਤੇ ਸੁਖ ਵਿਚ ਅਡੋਲ ਅਵਸਥਾ ਵਿਚ ਲੀਨ ਹੋ ਜਾਈਦਾ ਹੈ ।੭।

ਸਲੋਕੁ ਮਃ ੧ ॥ ਨਾ ਮੈਲਾ ਨਾ ਧੁੰਧਲਾ ਨਾ ਭਗਵਾ ਨਾ ਕਚੁ ॥ ਨਾਨਕ ਲਾਲੋ ਲਾਲੁ ਹੈ ਸਚੈ ਰਤਾ ਸਚੁ ॥੧॥ {ਪੰਨਾ ੧੦੮੯}

ਪਦ ਅਰਥ :— ਮੈਲਾ—ਵਿਕਾਰਾਂ ਨਾਲ ਲਿਬੜਿਆ ਹੋਇਆ । ਧੁੰਧਲਾ—ਜਿਸ ਦੀਆਂ ਅੱਖਾਂ ਅੱਗੇ ਧੁੰਧ ਜਿਹੀ ਆਈ ਰਹੇ, ਜਿਸ ਨੂੰ ਸਾਫ਼ ਨਾਹ ਦਿੱਸੇ । ਨਾ ਧੁੰਧਲਾ—ਜਿਸ ਦੀ ਨਿਗਾਹ ਸਾਫ਼ ਹੋਵੇ, ਜਿਸ ਨੂੰ ਹਰ ਥਾਂ ਪਰਮਾਤਮਾ ਸਾਫ਼ ਪਿਆ ਦਿੱਸੇ । ਭਗਵਾ—ਭੇਖ ਦਾ ਰੰਗ । ਨਾ ਭਗਵਾ—ਜਿਸ ਨੂੰ ਕਿਸੇ ਭੇਖ ਦੀ ਲੋੜ ਨਾਹ ਹੋਵੇ । ਕਚੁ—ਨਾਸਵੰਤ ਜਗਤ ਦਾ ਮੋਹ । ਲਾਲੋ ਲਾਲੁ—ਲਾਲ ਹੀ ਲਾਲ, ਪਰਮਾਤਮਾ ਦੇ ਪ੍ਰੇਮ-ਰੰਗ ਨਾਲ ਗੂੜ੍ਹਾ ਰੰਗਿਆ ਹੋਇਆ । ਸਚੈ—ਸਦਾ-ਥਿਰ ਹਰਿ-ਨਾਮ ਵਿਚ । ਰਤਾ—ਰੰਗਿਆ ਹੋਇਆ । ਸਚੁ—ਸਦਾ-ਥਿਰ (ਪ੍ਰਭੂ ਦਾ ਰੂਪ) ।੧।

ਅਰਥ :—ਹੇ ਨਾਨਕ! (ਆਖ—ਹੇ ਭਾਈ! ਜਿਹੜਾ ਮਨੁੱਖ) ਸਦਾ ਕਾਇਮ ਰਹਿਣ ਵਾਲੇ ਪਰਮਾਤਮਾ (ਦੇ ਨਾਮ) ਵਿਚ ਰੰਗਿਆ ਰਹਿੰਦਾ ਹੈ ਉਹ ਸਦਾ-ਥਿਰ ਪ੍ਰਭੂ (ਦਾ ਰੂਪ ਹੀ) ਹੋ ਜਾਂਦਾ ਹੈ, (ਉਸ ਦਾ ਮਨ ਪਰਮਾਤਮਾ ਦੇ ਪ੍ਰੇਮ-ਰੰਗ ਨਾਲ) ਗੂੜ੍ਹਾ ਰੰਗਿਆ ਜਾਂਦਾ ਹੈ । (ਹੇ ਭਾਈ! ਉਸ ਦਾ ਮਨ) ਵਿਕਾਰਾਂ ਨਾਲ ਨਹੀਂ ਲਿੱਬੜਦਾ, ਉਸ ਦੀ ਨਿਗਾਹ ਧੁੰਧਲੀ ਨਹੀਂ ਹੁੰਦੀ (ਭਾਵ, ਉਸ ਨੂੰ ਹਰ ਥਾਂ ਪਰਮਾਤਮਾ ਸਾਫ਼ ਪਿਆ ਦਿੱਸਦਾ ਹੈ) ਉਸ ਨੂੰ ਕਿਸੇ ਭੇਖ ਆਦਿਕ ਦੀ ਤਾਂਘ ਨਹੀਂ ਹੁੰਦੀ, ਨਾਸਵੰਤ ਜਗਤ ਦਾ ਮੋਹ ਭੀ ਉਸ ਨੂੰ ਨਹੀਂ ਵਿਆਪਦਾ ।੧।

ਮਃ ੩ ॥ ਸਹਜਿ ਵਣਸਪਤਿ ਫੁਲੁ ਫਲੁ ਭਵਰੁ ਵਸੈ ਭੈ ਖੰਡਿ ॥ ਨਾਨਕ ਤਰਵਰੁ ਏਕੁ ਹੈ ਏਕੋ ਫੁਲੁ ਭਿਰੰਗੁ ॥੨॥ {ਪੰਨਾ ੧੦੮੯}

ਪਦ ਅਰਥ :—ਸਹਜਿ—ਆਤਮਕ ਅਡੋਲਤਾ ਵਿਚ । ਵਸੈ—ਵੱਸਦਾ ਹੈ । ਭੈ—ਸਾਰੇ ਡਰ {ਬਹੁ-ਵਚਨ} । ਖੰਡਿ—ਨਾਸ ਕਰ ਕੇ । ਤਰਵਰੁ—{ਤਰੁ-ਵਰ} ਸ੍ਰੇਸ਼ਟ ਰੁੱਖ । ਭਿਰੰਗੁ—ਭੌਰਾ {ਭ੍ਰਿੰਗ} ।੨।

ਅਰਥ :—ਹੇ ਨਾਨਕ! (ਆਖ—ਹੇ ਭਾਈ! ਜਿਵੇਂ ਪੰਛੀਆਂ ਦੇ ਰੈਣ-ਬਸੇਰੇ ਵਾਸਤੇ ਰੁੱਖ ਆਸਰਾ ਹੈ, ਤਿਵੇਂ ਜਿਹੜਾ ਜੀਵ-) ਭੌਰਾ ਸਿਰਫ਼ ਪਰਮਾਤਮਾ ਨੂੰ ਹੀ ਆਸਰਾ-ਸਹਾਰਾ ਸਮਝਦਾ ਹੈ (ਜੋ ਭੌਰਿਆਂ ਵਾਂਗ ਹਰੇਕ ਫੁੱਲ ਦੀ ਸੁਗੰਧੀ ਨਹੀਂ ਲੈਂਦਾ ਫਿਰਦਾ, ਸਗੋਂ ਪਰਮਾਤਮਾ ਦੀ ਸਿਫ਼ਤਿ ਸਾਲਾਹ-ਰੂਪ) ਫੁੱਲ (ਦੀ ਸੁਗੰਧੀ ਹੀ) ਮਾਣਦਾ ਹੈ, ਉਹ ਜੀਵ-ਭੌਰਾ (ਦੁਨੀਆ ਦੇ) ਸਾਰੇ ਡਰ ਨਾਸ ਕਰ ਕੇ (ਸਦਾ) ਆਤਮਕ ਅਡੋਲਤਾ ਵਿਚ ਟਿਕਿਆ ਰਹਿੰਦਾ ਹੈ, ਬਨਸਪਤੀ ਦਾ ਹਰੇਕ ਫੁੱਲ ਹਰੇਕ ਫਲ (ਜਗਤ ਦਾ ਹਰੇਕ ਮਨ-ਮੋਹਣਾ ਪਦਾਰਥ ਉਸ ਨੂੰ ਮਾਇਆ ਦੀ ਭਟਕਣਾ ਵਿਚ ਪਾਣ ਦੇ ਥਾਂ) ਆਤਮਕ ਅਡੋਲਤਾ ਵਿਚ ਟਿਕਾਂਦਾ ਹੈ ।੨।

ਪਉੜੀ ॥ ਜੋ ਜਨ ਲੂਝਹਿ ਮਨੈ ਸਿਉ ਸੇ ਸੂਰੇ ਪਰਧਾਨਾ ॥ ਹਰਿ ਸੇਤੀ ਸਦਾ ਮਿਲਿ ਰਹੇ ਜਿਨੀ ਆਪੁ ਪਛਾਨਾ ॥ ਗਿਆਨੀਆ ਕਾ ਇਹੁ ਮਹਤੁ ਹੈ ਮਨ ਮਾਹਿ ਸਮਾਨਾ ॥ ਹਰਿ ਜੀਉ ਕਾ ਮਹਲੁ ਪਾਇਆ ਸਚੁ ਲਾਇ ਧਿਆਨਾ ॥ ਜਿਨ ਗੁਰ ਪਰਸਾਦੀ ਮਨੁ ਜੀਤਿਆ ਜਗੁ ਤਿਨਹਿ ਜਿਤਾਨਾ ॥੮॥ {ਪੰਨਾ ੧੦੮੯}

ਅਰਥ :—ਜੋ ਮਨੁੱਖ (ਆਪਣੇ) ਮਨ ਨਾਲ ਲੜਦੇ ਹਨ ਉਹ ਸੂਰਮੇ ਇਨਸਾਨ ਬਣਦੇ ਹਨ ਉਹ ਮੰਨੇ-ਪ੍ਰਮੰਨੇ ਜਾਂਦੇ ਹਨ; ਜਿਨ੍ਹਾਂ ਨੇ ਆਪਣੇ ਆਪ ਨੂੰ ਪਛਾਣਿਆ ਹੈ ਉਹ ਸਦਾ ਰੱਬ ਨਾਲ ਮਿਲੇ ਰਹਿੰਦੇ ਹਨ, ਗਿਆਨਵਾਨ ਬੰਦਿਆਂ ਦੀ ਵਡਿਆਈ ਹੀ ਇਹ ਹੈ (ਭਾਵ, ਇਸੇ ਗੱਲ ਵਿਚ ਵਡਿਆਈ ਹੈ) ਕਿ ਉਹ ਮਨ ਵਿਚ ਟਿਕੇ ਰਹਿੰਦੇ ਹਨ (ਭਾਵ, ਮਾਇਆ ਦੇ ਪਿੱਛੇ ਭਟਕਣ ਦੇ ਥਾਂ ਅੰਦਰ ਵਲ ਪਰਤੇ ਰਹਿੰਦੇ ਹਨ); (ਇਸ ਤਰ੍ਹਾਂ) ਸੁਰਤਿ ਜੋੜ ਕੇ ਉਹਨਾਂ ਨੂੰ ਰੱਬ ਦਾ ਘਰ ਲੱਭ ਪੈਂਦਾ ਹੈ, ਰੱਬ ਮਿਲ ਪੈਂਦਾ ਹੈ ।

(ਸੋ) ਜਿਨ੍ਹਾਂ ਨੇ ਗੁਰੂ ਦੀ ਮਿਹਰ ਨਾਲ ਆਪਣੇ ਮਨ ਨੂੰ ਜਿੱਤਿਆ ਹੈ ਉਹਨਾਂ ਨੇ ਜਗਤ ਜਿੱਤ ਲਿਆ ਹੈ ।੮।

ਸਲੋਕੁ ਮਃ ੩ ॥ ਜੋਗੀ ਹੋਵਾ ਜਗਿ ਭਵਾ ਘਰਿ ਘਰਿ ਭੀਖਿਆ ਲੇਉ ॥ ਦਰਗਹ ਲੇਖਾ ਮੰਗੀਐ ਕਿਸੁ ਕਿਸੁ ਉਤਰੁ ਦੇਉ ॥ ਭਿਖਿਆ ਨਾਮੁ ਸੰਤੋਖੁ ਮੜੀ ਸਦਾ ਸਚੁ ਹੈ ਨਾਲਿ ॥ ਭੇਖੀ ਹਾਥ ਨ ਲਧੀਆ ਸਭ ਬਧੀ ਜਮ ਕਾਲਿ ॥ ਨਾਨਕ ਗਲਾ ਝੂਠੀਆ ਸਚਾ ਨਾਮੁ ਸਮਾਲਿ ॥੧॥ {ਪੰਨਾ ੧੦੮੯}

ਪਦ ਅਰਥ :—ਘਰਿ—ਘਰ ਵਿਚ । ਘਰਿ ਘਰਿ—ਹਰੇਕ ਘਰ ਵਿਚ । ਭੀਖਿਆ—ਖ਼ੈਰ । ਕਿਸੁ ਕਿਸੁ ਉਤਰੁ—ਕੇਹੜੀ ਕੇਹੜੀ (ਕਰਤੂਤ) ਦਾ ਉੱਤਰ । ਮੜੀ—ਮਠ, ਕੁਟੀਆ । ਕਾਲਿ—ਕਾਲ ਨੇ । ਹਾਥ—ਡੂੰਘਾਈ, ਅਸਲੀਅਤ, ਜ਼ਿੰਦਗੀ ਦਾ ਅਸਲ ਰਾਹ ।

ਅਰਥ :—ਜੇ ਮੈਂ ਜੋਗੀ ਬਣ ਜਾਵਾਂ, ਜਗਤ ਵਿਚ ਭੌਂਦਾ ਫਿਰਾਂ ਤੇ ਘਰ ਘਰ ਤੋਂ (ਨਿਰਾ) ਖ਼ੈਰ ਹੀ ਲੈਂਦਾ ਰਹਾਂ (ਤੇ ਆਪਣੀਆਂ ਕਰਤੂਤਾਂ ਵਲ ਵੇਖਾਂ ਹੀ ਨਾਹ, ਤਾਂ) ਪ੍ਰਭੂ ਦੀ ਹਜ਼ੂਰੀ ਵਿਚ (ਤਾਂ ਅਮਲਾਂ ਦਾ) ਲੇਖਾ ਮੰਗੀਦਾ ਹੈ ਮੈਂ ਕਿਸ ਕਿਸ ਕਰਤੂਤ ਦਾ ਜਵਾਬ ਦਿਆਂਗਾ? (ਜਿਸ ਮਨੁੱਖ ਨੇ) ਪ੍ਰਭੂ ਦੇ ਨਾਮ ਨੂੰ ਭਿੱਛਿਆ ਬਣਾਇਆ ਹੈ ਸੰਤੋਖ ਨੂੰ ਕੁਟੀਆ ਬਣਾਇਆ ਹੈ ਰੱਬ ਸਦਾ ਉਸ ਦੇ ਨਾਲ ਵੱਸਦਾ ਹੈ ।

ਭੇਖਾਂ ਨਾਲ ਕਦੇ ਕਿਸੇ ਨੂੰ ਅਸਲੀਅਤ ਨਹੀਂ ਲੱਭੀ, ਸਾਰੀ ਸ੍ਰਿਸ਼ਟੀ ਜਮਕਾਲ ਨੇ ਬੰਨ੍ਹ ਰੱਖੀ ਹੈ । ਹੇ ਨਾਨਕ! ਪ੍ਰਭੂ ਦਾ ਨਾਮ ਹੀ ਯਾਦ ਕਰ, ਇਸ ਤੋਂ ਛੁਟ ਹੋਰ ਗੱਲਾਂ ਕੂੜੀਆਂ ਹਨ ।੧।

ਮਃ ੩ ॥ ਜਿਤੁ ਦਰਿ ਲੇਖਾ ਮੰਗੀਐ ਸੋ ਦਰੁ ਸੇਵਿਹੁ ਨ ਕੋਇ ॥ ਐਸਾ ਸਤਿਗੁਰੁ ਲੋੜਿ ਲਹੁ ਜਿਸੁ ਜੇਵਡੁ ਅਵਰੁ ਨ ਕੋਇ ॥ ਤਿਸੁ ਸਰਣਾਈ ਛੂਟੀਐ ਲੇਖਾ ਮੰਗੈ ਨ ਕੋਇ ॥ ਸਚੁ ਦ੍ਰਿੜਾਏ ਸਚੁ ਦ੍ਰਿੜੁ ਸਚਾ ਓਹੁ ਸਬਦੁ ਦੇਇ ॥ ਹਿਰਦੈ ਜਿਸ ਦੈ ਸਚੁ ਹੈ ਤਨੁ ਮਨੁ ਭੀ ਸਚਾ ਹੋਇ ॥ ਨਾਨਕ ਸਚੈ ਹੁਕਮਿ ਮੰਨਿਐ ਸਚੀ ਵਡਿਆਈ ਦੇਇ ॥ ਸਚੇ ਮਾਹਿ ਸਮਾਵਸੀ ਜਿਸ ਨੋ ਨਦਰਿ ਕਰੇਇ ॥੨॥ {ਪੰਨਾ ੧੦੮੯}

ਪਦ ਅਰਥ :—ਜਿਤੁ ਦਰਿ—ਜਿਸ ਦਰ ਤੇ {ਨੋਟ :—ਇਸ ਦੇ ਟਾਕਰੇ ਤੇ ਗਹੁ ਨਾਲ ਵੇਖੋ 'ਜਿਸੁ ਦਰਿ'; ਇਸ ਦਾ ਅਰਥ ਹੈ ਜਿਸ ਦੇ ਦਰ ਤੇ} । ਦ੍ਰਿੜਾਏ—ਪੱਕਾ ਕਰਦਾ ਹੈ, ਪੱਕੀ ਗੰਢ ਬੰਨ੍ਹਾਂਦਾ ਹੈ । ਦ੍ਰਿੜੁ—ਦ੍ਰਿੜ (ਕਰਦਾ ਹੈ), ਪੱਲੇ ਬੰਨ੍ਹਦਾ ਹੈ । ਹੁਕਮਿ ਮੰਨਿਐ—{ਲ਼ੋਚੳਟਵਿੲ ਅਬਸੋਲੁਟੲ} ਜੇ ਹੁਕਮ ਮੰਨ ਲਈਏ, ਹੁਕਮ ਮੰਨ ਲਿਆਂ ।

ਅਰਥ :—(ਹੇ ਭਾਈ!) ਜਿਸ ਬੂਹੇ ਤੇ (ਬੈਠਿਆਂ, ਕੀਤੇ ਕਰਮਾਂ ਦਾ) ਲੇਖਾ (ਫਿਰ ਭੀ) ਮੰਗਿਆ ਜਾਣਾ ਹੈ ਉਹ ਬੂਹਾ ਕੋਈ ਨਾਹ ਮੱਲਿਓ । ਐਸਾ ਗੁਰੂ ਲੱਭੋ ਜਿਸ ਵਰਗਾ ਹੋਰ ਨਾਹ ਲੱਭ ਸਕੇ, ਉਸ ਗੁਰੂ ਦੀ ਸਰਨ ਪਿਆਂ (ਕਰਮਾਂ ਦੇ ਗੇੜ ਤੋਂ) ਮੁਕਤ ਹੋਈਦਾ ਹੈ (ਫਿਰ ਕਿਸੇ ਕਰਮਾਂ ਦਾ) ਲੇਖਾ ਕੋਈ ਨਹੀਂ ਮੰਗਦਾ (ਕਿਉਂਕਿ) ਉਹ ਗੁਰੂ ਆਪ ਪ੍ਰਭੂ ਦਾ ਨਾਮ ਪੱਲੇ ਬੰਨ੍ਹਦਾ ਹੈ (ਸਰਨ ਆਇਆਂ ਦੇ) ਪੱਲੇ ਬੰਨ੍ਹਾਂਦਾ ਹੈ ਤੇ ਪ੍ਰਭੂ ਦੀ ਸਿਫ਼ਤਿ-ਸਾਲਾਹ ਦੀ ਬਾਣੀ ਦੇਂਦਾ ਹੈ ।

ਜਿਸ ਮਨੁੱਖ ਦੇ ਹਿਰਦੇ ਵਿਚ ਰੱਬ ਆ ਵੱਸਦਾ ਹੈ ਉਸ ਦਾ ਸਰੀਰ ਭੀ ਉਸ ਦਾ ਮਨ ਭੀ ਰੱਬ ਦੇ ਪਿਆਰ ਵਿਚ ਰੰਗਿਆ ਜਾਂਦਾ ਹੈ । ਹੇ ਨਾਨਕ! ਜੇ ਪ੍ਰਭੂ ਦੀ ਰਜ਼ਾ ਮੰਨ ਲਈਏ ਤਾਂ ਉਹ ਸੱਚੀ ਵਡਿਆਈ ਬਖ਼ਸ਼ਦਾ ਹੈ; ਪਰ, ਉਹੀ ਮਨੁੱਖ ਆਪਣਾ ਆਪ ਪ੍ਰਭੂ ਵਿਚ ਲੀਨ ਕਰਦਾ ਹੈ ਜਿਸ ਉਤੇ ਉਹ ਆਪ ਮਿਹਰ ਦੀ ਨਜ਼ਰ ਕਰਦਾ ਹੈ ।੨।

ਪਉੜੀ ॥ ਸੂਰੇ ਏਹਿ ਨ ਆਖੀਅਹਿ ਅਹੰਕਾਰਿ ਮਰਹਿ ਦੁਖੁ ਪਾਵਹਿ ॥ ਅੰਧੇ ਆਪੁ ਨ ਪਛਾਣਨੀ ਦੂਜੈ ਪਚਿ ਜਾਵਹਿ ॥ ਅਤਿ ਕਰੋਧ ਸਿਉ ਲੂਝਦੇ ਅਗੈ ਪਿਛੈ ਦੁਖੁ ਪਾਵਹਿ ॥ ਹਰਿ ਜੀਉ ਅਹੰਕਾਰੁ ਨ ਭਾਵਈ ਵੇਦ ਕੂਕਿ ਸੁਣਾਵਹਿ ॥ ਅਹੰਕਾਰਿ ਮੁਏ ਸੇ ਵਿਗਤੀ ਗਏ ਮਰਿ ਜਨਮਹਿ ਫਿਰਿ ਆਵਹਿ ॥੯॥ {ਪੰਨਾ ੧੦੮੯}

ਪਦ ਅਰਥ :—ਦੂਜੈ—ਦੂਜੇ ਵਿਚ, ਰੱਬ ਨੂੰ ਛੱਡ ਕੇ ਹੋਰ ਵਿਚ, ਮਾਇਆ ਦੇ ਮੋਹ ਵਿਚ । ਅਗੈ ਪਿਛੈ—ਸਹੁਰੇ ਪੇਕੇ, ਪਰਲੋਕ ਵਿਚ ਤੇ ਇਸ ਲੋਕ ਵਿਚ । ਵਿਗਤੀ—ਬੇ-ਗਤੇ ।

ਅਰਥ :—ਜੋ ਮਨੁੱਖ ਅਹੰਕਾਰ ਵਿਚ ਮਰਦੇ ਹਨ (ਖਪਦੇ ਹਨ) ਤੇ ਦੁੱਖ ਪਾਂਦੇ ਹਨ ਉਹਨਾਂ ਨੂੰ ਸੂਰਮੇ ਨਹੀਂ ਆਖੀਦਾ, ਉਹ (ਅਹੰਕਾਰੀ) ਅੰਨ੍ਹੇ ਆਪਣਾ ਅਸਲਾ ਨਹੀਂ ਪਛਾਣਦੇ ਤੇ ਮਾਇਆ ਦੇ ਮੋਹ ਵਿਚ ਖ਼ੁਆਰ ਹੁੰਦੇ ਹਨ, ਬੜੇ ਕ੍ਰੋਧ ਵਿਚ ਆ ਕੇ (ਦੂਜਿਆਂ ਨਾਲ) ਲੜਦੇ ਹਨ ਤੇ ਇਸ ਲੋਕ ਤੇ ਪਰਲੋਕ ਵਿਚ ਦੁੱਖ ਹੀ ਪਾਂਦੇ ਹਨ ।

ਵੇਦ ਆਦਿਕ ਧਰਮ-ਪੁਸਤਕ ਭੀ ਪੁਕਾਰ ਕੇ ਕਹਿ ਰਹੇ ਹਨ ਕਿ ਰੱਬ ਨੂੰ ਅਹੰਕਾਰ ਚੰਗਾ ਨਹੀਂ ਲੱਗਦਾ । ਜੋ ਮਨੁੱਖ ਅਹੰਕਾਰ ਵਿਚ ਹੀ ਮਰਦੇ ਰਹੇ ਉਹ ਬੇ-ਗਤੇ ਹੀ ਗਏ (ਉਹਨਾਂ ਦਾ ਜੀਵਨ ਨਾਹ ਸੁਧਰਿਆ), ਉਹ ਮੁੜ ਮੁੜ ਮਰਦੇ ਜੰਮਦੇ ਰਹਿੰਦੇ ਹਨ ।੯।

ਸਲੋਕੁ ਮਃ ੩ ॥ ਕਾਗਉ ਹੋਇ ਨ ਊਜਲਾ ਲੋਹੇ ਨਾਵ ਨ ਪਾਰੁ ॥ ਪਿਰਮ ਪਦਾਰਥੁ ਮੰਨਿ ਲੈ ਧੰਨੁ ਸਵਾਰਣਹਾਰੁ ॥ ਹੁਕਮੁ ਪਛਾਣੈ ਊਜਲਾ ਸਿਰਿ ਕਾਸਟ ਲੋਹਾ ਪਾਰਿ ॥ ਤ੍ਰਿਸਨਾ ਛੋਡੈ ਭੈ ਵਸੈ ਨਾਨਕ ਕਰਣੀ ਸਾਰੁ ॥੧॥ {ਪੰਨਾ ੧੦੮੯}

ਪਦ ਅਰਥ :—ਕਾਗਉ—ਕਾਗ ਤੋਂ । ਪਾਰੁ—ਪਾਰਲਾ ਬੰਨਾ । ਪਿਰਮ ਪਦਾਰਥੁ—ਪਿਆਰੇ (ਪ੍ਰਭੂ) ਦਾ ਨਾਮ । ਧੰਨੁ ਸਵਾਰਣਹਾਰੁ—ਸ਼ਾਬਾਸ਼ੇ ਉਸ ਦੇ ਸਵਾਰਨ ਵਾਲੇ (ਗੁਰੂ) ਨੂੰ । ਸਿਰਿ ਕਾਸਟ—ਲੱਕੜ ਦੇ ਸਿਰ ਤੇ (ਚੜ੍ਹ ਕੇ) । ਭੈ—ਭਉ ਵਿਚ । ਸਾਰੁ—ਚੰਗੀ ।

ਅਰਥ :—ਕਾਂ ਤੋਂ ਚਿੱਟਾ (ਹੰਸ) ਨਹੀਂ ਬਣ ਸਕਦਾ, ਲੋਹੇ ਦੀ ਬੇੜੀ (ਨਦੀ ਦਾ) ਪਾਰਲਾ ਕੰਢਾ ਨਹੀਂ ਲੱਭ ਸਕਦੀ; ਪਰ ਸ਼ਾਬਾਸ਼ੇ ਉਸ ਸਵਾਰਨ ਵਾਲੇ (ਗੁਰੂ) ਨੂੰ (ਜਿਸ ਦੀ ਮਤਿ ਲੈ ਕੇ ਕਾਂ ਵਰਗੇ ਕਾਲੇ ਮਨ ਵਾਲਾ ਭੀ) ਪਰਮਾਤਮਾ ਦਾ ਨਾਮ ਅੰਗੀਕਾਰ ਕਰਦਾ ਹੈ, ਹੁਕਮ ਪਛਾਣਦਾ ਹੈ ਤਾਂ (ਕਾਂ ਤੋਂ) ਹੰਸ ਬਣ ਜਾਂਦਾ ਹੈ (ਜਿਵੇਂ) ਲੱਕੜ ਦੇ ਆਸਰੇ ਲੋਹਾ (ਨਦੀ ਦੇ) ਪਾਰਲੇ ਕੰਢੇ ਜਾ ਲੱਗਦਾ ਹੈ; (ਗੁਰੂ ਦੇ ਆਸਰੇ) ਹੇ ਨਾਨਕ! ਉਹ ਤ੍ਰਿਸ਼ਨਾ ਤਿਆਗਦਾ ਹੈ ਤੇ ਰੱਬ ਦੇ ਡਰ ਵਿਚ ਜੀਊਂਦਾ ਹੈ, (ਬੱਸ!) ਇਹੀ ਕਰਣੀ ਸਭ ਤੋਂ ਚੰਗੀ ਹੈ ।੧।

ਮਃ ੩ ॥ ਮਾਰੂ ਮਾਰਣ ਜੋ ਗਏ ਮਾਰਿ ਨ ਸਕਹਿ ਗਵਾਰ ॥ ਨਾਨਕ ਜੇ ਇਹੁ ਮਾਰੀਐ ਗੁਰ ਸਬਦੀ ਵੀਚਾਰਿ ॥ ਏਹੁ ਮਨੁ ਮਾਰਿਆ ਨਾ ਮਰੈ ਜੇ ਲੋਚੈ ਸਭੁ ਕੋਇ ॥ ਨਾਨਕ ਮਨ ਹੀ ਕਉ ਮਨੁ ਮਾਰਸੀ ਜੇ ਸਤਿਗੁਰੁ ਭੇਟੈ ਸੋਇ ॥੨॥ {ਪੰਨਾ ੧੦੮੯}

ਪਦ ਅਰਥ :—ਮਾਰੂ—ਮਾਰੂਥਲੇ ਵਿਚ, ਭਾਵ, ਜੰਗਲ ਬੀਆਬਾਨ ਵਿਚ । ਸਭੁ ਕੋਇ—ਹਰੇਕ ਜੀਵ । ਭੇਟੈ—ਮਿਲ ਪਏ । ਸੋਇ—ਉਹ (ਭਾਵ, ਸਮਰੱਥ) ।

ਅਰਥ :—ਜੋ ਮੂਰਖ ਬਾਹਰ ਜੰਗਲਾਂ ਵਿਚ ਮਨ ਨੂੰ ਮਾਰਨ ਵਾਸਤੇ ਗਏ ਉਹ ਮਾਰ ਨ ਸਕੇ; ਹੇ ਨਾਨਕ! ਜੇ ਇਹ ਮਨ ਵੱਸ ਕੀਤਾ ਜਾ ਸਕਦਾ ਹੈ ਤਾਂ ਗੁਰੂ ਦੇ ਸ਼ਬਦ ਵਿਚ ਵਿਚਾਰ ਕੀਤਿਆਂ ਹੀ ਵੱਸ ਕੀਤਾ ਜਾ ਸਕਦਾ ਹੈ, (ਨਹੀਂ ਤਾਂ ਉਂਞ) ਭਾਵੇਂ ਕੋਈ ਕਿਤਨੀ ਹੀ ਤਾਂਘ ਕਰੇ ਇਹ ਮਨ ਜਤਨ ਕੀਤਿਆਂ ਵੱਸ ਵਿਚ ਨਹੀਂ ਆਉਂਦਾ ।

ਹੇ ਨਾਨਕ! ਜੇ ਸਮਰੱਥ ਗੁਰੂ ਮਿਲ ਪਏ ਤਾਂ ਮਨ ਹੀ ਮਨ ਨੂੰ ਮਾਰ ਲੈਂਦਾ ਹੈ (ਭਾਵ, ਗੁਰੂ ਦੀ ਸਹੈਤਾ ਨਾਲ ਅੰਦਰ ਵਲ ਪਰਤਿਆਂ ਮਨ ਵੱਸ ਵਿਚ ਆ ਜਾਂਦਾ

ਹੈ) ।੨।

ਪਉੜੀ ॥ ਦੋਵੈ ਤਰਫਾ ਉਪਾਈਓਨੁ ਵਿਚਿ ਸਕਤਿ ਸਿਵ ਵਾਸਾ ॥ ਸਕਤੀ ਕਿਨੈ ਨ ਪਾਇਓ ਫਿਰਿ ਜਨਮਿ ਬਿਨਾਸਾ ॥ ਗੁਰਿ ਸੇਵਿਐ ਸਾਤਿ ਪਾਈਐ ਜਪਿ ਸਾਸ ਗਿਰਾਸਾ ॥ ਸਿਮ੍ਰਿਤਿ ਸਾਸਤ ਸੋਧਿ ਦੇਖੁ ਊਤਮ ਹਰਿ ਦਾਸਾ ॥ ਨਾਨਕ ਨਾਮ ਬਿਨਾ ਕੋ ਥਿਰੁ ਨਹੀ ਨਾਮੇ ਬਲਿ ਜਾਸਾ ॥੧੦॥ {ਪੰਨਾ ੧੦੯੦}

ਨੋਟ :—ਵੇਖੋ ਮਲਾਰ ਕੀ ਵਾਰ ਮ: ੧ ਪਉੜੀ ਨੰ: ੫ । ਗੁਰੂ ਅਮਰਦਾਸ ਜੀ ਨੇ ਇਹ ਖ਼ਿਆਲ ਉਥੋਂ ਲਿਆ ਹੈ ।

ਪਦ ਅਰਥ :—ਦੋਵੈ ਤਰਫਾ—(ਵੇਖੋ ਪਉੜੀ ਨੰ: ੬, ੭, ੮, ੯) ਮਨ ਨੂੰ ਜਿੱਤਣ ਵਾਲੇ ਸੂਰਮੇ ਤੇ ਮਾਇਆ ਦੀ ਖ਼ਾਤਰ ਲੜਨ ਵਾਲੇ ਦੋਵੇਂ ਪਾਸੇ । ਵਿਚਿ—(ਇਸ ਸ੍ਰਿਸ਼ਟੀ) ਵਿਚ । ਸਕਤਿ—ਮਾਇਆ । ਸਿਵ—ਆਤਮਾ । ਗਿਰਾਸਾ—ਗਿਰਾਹੀ । ਸਾਸ ਗਿਰਾਸਾ—(ਭਾਵ,) ਖਾਂਦਿਆਂ ਪੀਂਦਿਆਂ ।

ਅਰਥ :—ਇਸ ਸ੍ਰਿਸ਼ਟੀ ਵਿਚ ਮਾਇਆ ਤੇ ਆਤਮਾ (ਦੋਹਾਂ ਦਾ) ਵਾਸ ਹੈ (ਇਹਨਾਂ ਦੇ ਅਸਰ ਹੇਠ ਕੋਈ ਅਹੰਕਾਰ ਵਿਚ ਦੂਜਿਆਂ ਨਾਲ ਲੜਦੇ ਹਨ ਤੇ ਕੋਈ ਨਾਮ ਦੇ ਧਨੀ ਹਨ) ਇਹ ਦੋਵੇਂ ਪਾਸੇ ਪ੍ਰਭੂ ਨੇ ਆਪ ਹੀ ਬਣਾਏ ਹਨ । ਮਾਇਆ ਦੇ ਅਸਰ ਵਿਚ ਰਹਿ ਕੇ ਕਿਸੇ ਨੇ (ਰੱਬ) ਨਹੀਂ ਲੱਭਾ, ਮੁੜ ਮੁੜ ਜੰਮਦਾ ਮਰਦਾ ਹੈ । ਪਰ ਗੁਰੂ ਦੇ ਹੁਕਮ ਵਿਚ ਤੁਰਿਆਂ ਖਾਂਦਿਆਂ ਪੀਂਦਿਆਂ ਨਾਮ ਜਪ ਕੇ (ਹਿਰਦੇ ਵਿਚ) ਠੰਢ ਪੈਂਦੀ ਹੈ ।

(ਹੇ ਭਾਈ!) ਸਿਮ੍ਰਿਤੀਆਂ ਤੇ ਸ਼ਾਸਤ੍ਰਾਂ (ਆਦਿਕ ਸਾਰੇ ਧਰਮ-ਪੁਸਤਕਾਂ ਨੂੰ ਬੇਸ਼ਕ) ਖੋਜ ਕੇ ਵੇਖ ਲਉ, ਚੰਗੇ ਮਨੁੱਖ ਉਹ ਹਨ ਜੋ ਪ੍ਰਭੂ ਦੇ ਸੇਵਕ ਹਨ । ਹੇ ਨਾਨਕ! 'ਨਾਮ' ਤੋਂ ਬਿਨਾ ਕੋਈ ਸ਼ੈ ਥਿਰ ਰਹਿਣ ਵਾਲੀ ਨਹੀਂ; ਮੈਂ ਸਦਕੇ ਹਾਂ ਪ੍ਰਭੂ ਦੇ ਨਾਮ ਤੋਂ ।੧੦।

ਸਲੋਕੁ ਮਃ ੩ ॥ ਹੋਵਾ ਪੰਡਿਤੁ ਜੋਤਕੀ ਵੇਦ ਪੜਾ ਮੁਖਿ ਚਾਰਿ ॥ ਨਵ ਖੰਡ ਮਧੇ ਪੂਜੀਆ ਅਪਣੈ ਚਜਿ ਵੀਚਾਰਿ ॥ ਮਤੁ ਸਚਾ ਅਖਰੁ ਭੁਲਿ ਜਾਇ ਚਉਕੈ ਭਿਟੈ ਨ ਕੋਇ ॥ ਝੂਠੇ ਚਉਕੇ ਨਾਨਕਾ ਸਚਾ ਏਕੋ ਸੋਇ ॥੧॥ {ਪੰਨਾ ੧੦੯੦}

ਪਦ ਅਰਥ :—ਜੋਤਕੀ—ਜੋਤਸ਼ੀ । ਮੁਖਿ—ਮੂੰਹ ਨਾਲ, ਮੂੰਹੋਂ, (ਭਾਵ,) ਜ਼ਬਾਨੀ । ਨਵ ਖੰਡ—ਧਰਤੀ ਦੇ ਨੌ ਹੀ ਖੰਡਾਂ ਵਿਚ, ਸਾਰੀ ਧਰਤੀ ਤੇ । ਪੂਜੀਆ—ਪੂਜਿਆ ਜਾਵਾਂ । ਚਜਿ—ਚੱਜ ਦੇ ਕਾਰਨ, ਆਚਰਣ ਕਰਕੇ । ਵੀਚਾਰਿ—(ਚੰਗੀ) ਵਿਚਾਰ ਅਕਲ ਦੇ ਕਾਰਨ । ਮਤੁ ਭੁਲਿ ਜਾਇ—ਕਿਤੇ ਭੁੱਲ ਨਾਹ ਜਾਏ । ਭਿਟੈ—ਛੁਹ ਜਾਏ । ਸਚਾ ਅਖਰੁ—ਸਦਾ ਕਾਇਮ ਰਹਿਣ ਵਾਲਾ ਹਰਿ-ਨਾਮ । ਚਉਕੈ—ਚੌਕੇ ਵਿਚ । ਝੂਠੇ—ਨਾਸਵੰਤ । ਸਚਾ—ਸਦਾ-ਥਿਰ । ਸੋਇ—ਉਹ ਪ੍ਰਭੂ ਹੀ ।੧।

ਅਰਥ :—ਹੇ ਭਾਈ! ਜੇ ਮੈਂ (ਧਰਮ-ਪੁਸਤਕਾਂ ਦਾ) ਵਿਦਵਾਨ ਬਣ ਜਾਵਾਂ, ਜੋਤਸ਼ੀ ਬਣ ਜਾਵਾਂ, ਚਾਰੇ ਵੇਦ
ਮੂੰਹ-ਜ਼ਬਾਨੀ ਪੜ੍ਹ ਸਕਾਂ; ਜੇ ਆਪਣੇ ਆਚਰਨ ਦੇ ਕਾਰਨ ਆਪਣੀ ਚੰਗੀ ਅਕਲ ਦੇ ਕਾਰਨ ਸਾਰੀ ਹੀ ਧਰਤੀ ਵਿਚ ਮੇਰੀ ਇੱਜ਼ਤ ਹੋਵੇ; (ਜੇ ਮੈਂ ਬੜੀ ਸੁੱਚ ਰੱਖਾਂ ਤੇ ਖ਼ਿਆਲ ਰੱਖਾਂ ਕਿ) ਕਿਤੇ ਕੋਈ (ਨੀਵੀਂ ਜਾਤਿ ਵਾਲਾ ਮਨੁੱਖ ਮੇਰੇ) ਚੌਂਕੇ ਨੂੰ ਭਿੱਟ ਨ ਜਾਏ (ਤਾਂ ਇਹ ਸਭ ਕੁਝ ਵਿਅਰਥ ਹੀ ਹੈ) । ਹੇ ਨਾਨਕ! ਸਾਰੇ ਚੌਂਕੇ ਨਾਸਵੰਤ ਹਨ, ਸਦਾ ਕਾਇਮ ਰਹਿਣ ਵਾਲਾ ਸਿਰਫ਼ ਪਰਮਾਤਮਾ ਦਾ ਨਾਮ ਹੀ ਹੈ (ਧਿਆਨ ਇਸ ਗੱਲ ਦਾ ਰਹਿਣਾ ਚਾਹੀਦਾ ਹੈ ਕਿ) ਕਿਤੇ ਸਦਾ ਕਾਇਮ ਰਹਿਣ ਵਾਲਾ ਹਰਿ-ਨਾਮ (ਮਨ ਤੋਂ) ਭੁੱਲ ਨਾਹ ਜਾਏ ।੧।

ਮਃ ੩ ॥ ਆਪਿ ਉਪਾਏ ਕਰੇ ਆਪਿ ਆਪੇ ਨਦਰਿ ਕਰੇਇ ॥ ਆਪੇ ਦੇ ਵਡਿਆਈਆ ਕਹੁ ਨਾਨਕ ਸਚਾ ਸੋਇ ॥੨॥ {ਪੰਨਾ ੧੦੯੦}

ਅਰਥ :—ਪ੍ਰਭੂ ਆਪ ਹੀ (ਜੀਆਂ ਨੂੰ) ਪੈਦਾ ਕਰਦਾ ਹੈ (ਸਭ ਕਾਰਜ) ਆਪ ਹੀ ਕਰਦਾ ਹੈ, ਆਪ ਹੀ (ਜੀਆਂ ਤੇ) ਮਿਹਰ ਦੀ ਨਜ਼ਰ ਕਰਦਾ ਹੈ, ਆਪ ਹੀ ਵਡਿਆਈਆਂ ਦੇਂਦਾ ਹੈ; ਆਖ, ਹੇ ਨਾਨਕ! ਉਹ ਸਦਾ ਕਾਇਮ ਰਹਿਣ ਵਾਲਾ ਪ੍ਰਭੂ ਆਪ ਹੀ (ਸਭ ਕੁਝ ਕਰਨ ਦੇ ਸਮਰੱਥ) ਹੈ ।੨।

ਪਉੜੀ ॥ ਕੰਟਕੁ ਕਾਲੁ ਏਕੁ ਹੈ ਹੋਰੁ ਕੰਟਕੁ ਨ ਸੂਝੈ ॥ ਅਫਰਿਓ ਜਗ ਮਹਿ ਵਰਤਦਾ ਪਾਪੀ ਸਿਉ ਲੂਝੈ ॥ ਗੁਰ ਸਬਦੀ ਹਰਿ ਭੇਦੀਐ ਹਰਿ ਜਪਿ ਹਰਿ ਬੂਝੈ ॥ ਸੋ ਹਰਿ ਸਰਣਾਈ ਛੁਟੀਐ ਜੋ ਮਨ ਸਿਉ ਜੂਝੈ ॥ ਮਨਿ ਵੀਚਾਰਿ ਹਰਿ ਜਪੁ ਕਰੇ ਹਰਿ ਦਰਗਹ ਸੀਝੈ ॥੧੧॥ {ਪੰਨਾ ੧੦੯੦}

ਪਦ ਅਰਥ :—ਕੰਟਕੁ—ਕੰਡਾ । ਕਾਲੁ—ਮੌਤ, ਮੌਤ ਦਾ ਸਹਿਮ । ਅਫਰਿਓ—ਅਮੋੜ, ਜਿਸ ਦੇ ਰਾਹ ਵਿਚ ਕੋਈ ਰੋਕ ਨ ਪਾ ਸਕੇ । ਲੂਝੈ—ਝਗੜਦਾ ਹੈ, ਅੜਦਾ ਹੈ । ਭੇਦੀਐ—ਵਿੱਝ ਜਾਈਏ ।

ਅਰਥ :—(ਮਨੁੱਖ ਲਈ) ਮੌਤ (ਦਾ ਡਰ ਹੀ) ਇਕ (ਐਸਾ) ਕੰਡਾ ਹੈ (ਜੋ ਹਰ ਵੇਲੇ ਦਿਲ ਵਿਚ ਚੁੱਭਦਾ ਹੈ) ਕੋਈ ਹੋਰ ਕੰਡਾ (ਭਾਵ, ਸਹਿਮ) ਇਸ ਵਰਗਾ ਨਹੀਂ ਹੈ । (ਇਹ ਮੌਤ) ਸਾਰੇ ਜਗਤ ਵਿਚ ਵਰਤ ਰਹੀ ਹੈ ਕੋਈ ਇਸ ਨੂੰ ਰੋਕ ਨਹੀਂ ਸਕਦਾ, (ਮੌਤ ਦਾ ਸਹਿਮ) ਵਿਕਾਰੀ ਬੰਦਿਆਂ ਨੂੰ (ਖ਼ਾਸ ਤੌਰ ਤੇ) ਅੜਦਾ ਹੈ (ਭਾਵ, ਦਬਾ ਪਾਂਦਾ ਹੈ) ।

ਜੋ ਮਨੁੱਖ ਸਤਿਗੁਰੂ ਦੇ ਸ਼ਬਦ ਦੀ ਰਾਹੀਂ ਪ੍ਰਭੂ-ਨਾਮ ਵਿਚ ਪ੍ਰੋਤਾ ਜਾਂਦਾ ਹੈ ਜੋ ਆਪਣੇ ਮਨ ਦੇ ਨਾਲ ਟਾਕਰਾ ਲਾਂਦਾ ਹੈ ਉਹ ਸਿਮਰਨ ਕਰ ਕੇ (ਅਸਲੀਅਤ ਨੂੰ) ਸਮਝ ਲੈਂਦਾ ਹੈ ਤੇ ਉਹ ਪ੍ਰਭੂ ਦੀ ਸਰਨ ਪੈ ਕੇ (ਮੌਤ ਦੇ ਸਹਿਮ ਤੋਂ) ਬਚ ਜਾਂਦਾ ਹੈ । ਜੋ ਮਨੁੱਖ ਆਪਣੇ ਮਨ ਵਿਚ (ਪ੍ਰਭੂ ਦੇ ਗੁਣਾਂ ਦੀ) ਵਿਚਾਰ ਕਰ ਕੇ ਬੰਦਗੀ ਕਰਦਾ ਹੈ ਉਹ ਪ੍ਰਭੂ ਦੀ ਹਜ਼ੂਰੀ ਵਿਚ ਪਰਵਾਨ ਹੁੰਦਾ ਹੈ ।੧੧।

ਸਲੋਕੁ ਮਃ ੧ ॥ ਹੁਕਮਿ ਰਜਾਈ ਸਾਖਤੀ ਦਰਗਹ ਸਚੁ ਕਬੂਲੁ ॥ ਸਾਹਿਬੁ ਲੇਖਾ ਮੰਗਸੀ ਦੁਨੀਆ ਦੇਖਿ ਨ ਭੂਲੁ ॥ ਦਿਲ ਦਰਵਾਨੀ ਜੋ ਕਰੇ ਦਰਵੇਸੀ ਦਿਲੁ ਰਾਸਿ ॥ ਇਸਕ ਮੁਹਬਤਿ ਨਾਨਕਾ ਲੇਖਾ ਕਰਤੇ ਪਾਸਿ ॥੧॥ {ਪੰਨਾ ੧੦੯੦}

ਪਦ ਅਰਥ :—ਸਾਖਤੀ—ਬਨਾਵਟ, ਪ੍ਰਭੂ ਨਾਲ ਜੋੜ । ਦਰਵਾਨੀ—ਰਾਖੀ । ਦਿਲੁ ਰਾਸਿ—ਦਿਲ ਨੂੰ ਸਿੱਧੇ ਰਾਹ ਤੇ ਰੱਖਣਾ । ਰਜਾਈ—ਰਜ਼ਾ ਦਾ ਮਾਲਕ ਪਰਮਾਤਮਾ ।

ਅਰਥ :—ਪਰਮਾਤਮਾ ਦੇ ਹੁਕਮ ਵਿਚ ਤੁਰਿਆਂ ਪਰਮਾਤਮਾ ਨਾਲ ਬਣ ਆਉਂਦੀ ਹੈ, ਪ੍ਰਭੂ ਦੀ ਹਜ਼ੂਰੀ ਵਿਚ ਸੱਚ (ਭਾਵ, ਸਿਮਰਨ) ਪ੍ਰਵਾਨ ਹੈ । ਹੇ ਭਾਈ! ਦੁਨੀਆ ਨੂੰ ਵੇਖ ਕੇ (ਸਿਮਰਨ ਨੂੰ ਭੁੱਲਣ ਦੀ) ਗ਼ਲਤੀ ਨਾਹ ਖਾਹ, ਮਾਲਕ (ਤੇਰੇ ਅਮਲਾਂ ਦਾ) ਲੇਖਾ ਮੰਗੇਗਾ ।

ਜੋ ਮਨੁੱਖ ਦਿਲ ਦੀ ਰਾਖੀ ਕਰਦਾ ਹੈ, ਦਿਲ ਨੂੰ ਸਿੱਧੇ ਰਾਹ ਤੇ ਰੱਖਣ ਦੀ ਫ਼ਕੀਰੀ ਕਮਾਂਦਾ ਹੈ, ਹੇ ਨਾਨਕ! ਉਸ ਦੇ ਪਿਆਰ ਮੁਹੱਬਤ ਦਾ ਹਿਸਾਬ ਕਰਤਾਰ ਦੇ ਪਾਸ ਹੈ (ਭਾਵ, ਪ੍ਰਭੂ ਉਸ ਦੇ ਪਿਆਰ ਨੂੰ ਜਾਣਦਾ ਹੈ) ।੧।

ਮਃ ੧ ॥ ਅਲਗਉ ਜੋਇ ਮਧੂਕੜਉ ਸਾਰੰਗਪਾਣਿ ਸਬਾਇ ॥ ਹੀਰੈ ਹੀਰਾ ਬੇਧਿਆ ਨਾਨਕ ਕੰਠਿ ਸੁਭਾਇ ॥੨॥ {ਪੰਨਾ ੧੦੯੦}

ਪਦ ਅਰਥ :—ਅਲਗਉ—ਅਲੱਗ, ਨਿਰਲੇਪ । ਜੋਇ—ਵੇਖਦਾ ਹੈ, ਤੱਕਦਾ ਹੈ । ਮਧੁਕੜਉ—ਮਧੁਕਰ, ਭੌਰਾ {ਨੋਟ :—'ਮਧੁਕੜਉ' ਦਾ ਅਰਥ 'ਮਧੁਕੜੀ, ਥਾਂ ਥਾਂ ਤੋਂ ਮੰਗਿਆ ਟੁੱਕਰ' ਕਰਨਾ ਗ਼ਲਤ ਹੈ; 'ਭੌਰੇ ਵਾਂਗ ਫ਼ਕੀਰ ਥਾਂ ਥਾਂ ਤੋਂ ਸਾਰ ਗ੍ਰਹਣ ਕਰਨ ਵਾਲਾ'—ਇਸ ਅਰਥ ਵਿਚ ਭੀ 'ਮੰਗ ਖਾਣ' ਦੀ ਝਲਕ ਪੈਂਦੀ ਹੈ; ਪਰ, ਗੁਰੂ ਨਾਨਕ ਦੇਵ ਜੀ ਨੇ ਮੰਗਤਿਆਂ ਦਾ ਟੋਲਾ ਪੈਦਾ ਨਹੀਂ ਕੀਤਾ । ਏਥੇ 'ਭਉਰੇ' ਦਾ 'ਨਿਰਲੇਪਤਾ' ਦਾ ਗੁਣ ਹੀ ਲਿਆ ਗਿਆ ਹੈ, ਜਿਵੇਂ ਪਿਛਲੇ ਸ਼ਲੋਕ ਵਿਚ 'ਦਿਲੁ ਦਰਵਾਨੀ' ਹੈ} । ਕੰਠਿ—ਗਲ ਨਾਲ, ਗਲ ਵਿਚ । ਹੀਰਾ—ਆਤਮਾ । ਸਾਰੰਗਪਾਣਿ—ਜਿਸ ਦੇ ਹੱਥ ਵਿਚ ਸਾਰੰਗ ਧਨੁਖ ਹੈ, ਪਰਮਾਤਮਾ । ਸਬਾਇ—ਹਰ ਥਾਂ ।

ਅਰਥ :—(ਜੋ ਜੀਵ-) ਭੌਰਾ ਨਿਰਲੇਪ ਰਹਿ ਕੇ ਹਰ ਥਾਂ ਪਰਮਾਤਮਾ ਨੂੰ ਤੱਕਦਾ ਹੈ, ਜਿਸ ਦੀ ਆਤਮਾ ਪਰਮਾਤਮਾ ਵਿਚ ਪ੍ਰੋਤੀ ਹੋਈ ਹੈ, ਹੇ ਨਾਨਕ! ਉਹ ਪ੍ਰਭੂ-ਪ੍ਰੇਮ ਦੀ ਰਾਹੀਂ ਪ੍ਰਭੂ ਦੇ ਗਲ ਨਾਲ (ਲੱਗਾ ਹੋਇਆ) ਹੈ ।੨।

ਪਉੜੀ ॥ ਮਨਮੁਖ ਕਾਲੁ ਵਿਆਪਦਾ ਮੋਹਿ ਮਾਇਆ ਲਾਗੇ ॥ ਖਿਨ ਮਹਿ ਮਾਰਿ ਪਛਾੜਸੀ ਭਾਇ ਦੂਜੈ ਠਾਗੇ ॥ ਫਿਰਿ ਵੇਲਾ ਹਥਿ ਨ ਆਵਈ ਜਮ ਕਾ ਡੰਡੁ ਲਾਗੇ ॥ ਤਿਨ ਜਮ ਡੰਡੁ ਨ ਲਗਈ ਜੋ ਹਰਿ ਲਿਵ ਜਾਗੇ ॥ ਸਭ ਤੇਰੀ ਤੁਧੁ ਛਡਾਵਣੀ ਸਭ ਤੁਧੈ ਲਾਗੇ ॥੧੨॥ {ਪੰਨਾ ੧੦੯੦}

ਅਰਥ :—ਮਨ ਦੇ ਗ਼ੁਲਾਮ ਮਨੁੱਖ ਮਾਇਆ ਦੇ ਮੋਹ ਵਿਚ ਮਸਤ ਰਹਿੰਦੇ ਹਨ, ਉਹਨਾਂ ਨੂੰ ਮੌਤ (ਦਾ ਸਹਿਮ) ਦਬਾਈ ਰੱਖਦਾ ਹੈ । ਜੋ ਮਨੁੱਖ ਮਾਇਆ ਦੇ ਮੋਹ ਵਿਚ ਲੁੱਟੇ ਜਾ ਰਹੇ ਹਨ ਉਹਨਾਂ ਨੂੰ (ਇਹ ਸਹਿਮ) ਪਲ ਵਿਚ ਮਾਰ ਕੇ ਨਾਸ ਕਰਦਾ ਹੈ । ਜਿਸ ਵੇਲੇ ਮੌਤ ਦਾ ਡੰਡਾ ਆ ਹੀ ਵੱਜਦਾ ਹੈ (ਮੌਤ ਸਿਰ ਤੇ ਆ ਜਾਂਦੀ ਹੈ) ਤਦੋਂ (ਇਸ ਮੋਹ ਵਿਚੋਂ ਨਿਕਲਣ ਲਈ) ਸਮਾ ਨਹੀਂ ਮਿਲਦਾ ।

ਜੋ ਮਨੁੱਖ ਪਰਮਾਤਮਾ ਦੀ ਯਾਦ ਵਿਚ ਸੁਚੇਤ ਰਹਿੰਦੇ ਹਨ ਉਹਨਾਂ ਨੂੰ ਜਮ ਦਾ ਡੰਡਾ ਨਹੀਂ ਲੱਗਦਾ (ਸਹਿਮ ਨਹੀਂ ਮਾਰਦਾ) ।

ਹੇ ਪ੍ਰਭੂ! ਸਾਰੀ ਸ੍ਰਿਸ਼ਟੀ ਤੇਰੀ ਹੀ ਹੈ, ਤੂੰ ਹੀ ਇਸ ਨੂੰ ਮਾਇਆ ਦੇ ਮੋਹ ਤੋਂ ਛਡਾਣਾ ਹੈ, ਸਾਰਿਆਂ ਦਾ ਤੂੰ ਹੀ ਆਸਰਾ ਹੈਂ ।੧੨।

ਸਲੋਕੁ ਮਃ ੧ ॥ ਸਰਬੇ ਜੋਇ ਅਗਛਮੀ ਦੂਖੁ ਘਨੇਰੋ ਆਥਿ ॥ ਕਾਲਰੁ ਲਾਦਸਿ ਸਰੁ ਲਾਘਣਉ ਲਾਭੁ ਨ ਪੂੰਜੀ ਸਾਥਿ ॥੧॥ {ਪੰਨਾ ੧੦੯੦}

ਪਦ ਅਰਥ :—ਸਰਬੇ—ਸਾਰੀ ਸ੍ਰਿਸ਼ਟੀ । ਜੋਇ—ਤੱਕਦਾ ਹੈ {ਪਉੜੀ ਨੰ: ੧੨ ਤੇ ੧੪ ਵਿਚ ਭੀ ਇਹ ਲਫ਼ਜ਼ 'ਜੋਇ' ਆਉਂਦਾ ਹੈ, ਬਾਣੀ ਭੀ ਗੁਰੂ ਨਾਨਕ ਦੇਵ ਜੀ ਦੀ ਹੈ, ਇਸ ਦਾ ਅਰਥ ਹੈ 'ਤੱਕਦਾ ਹੈ'} । ਅਗਛਮੀ—ਨਾਹ ਨਾਸ ਹੋਣ ਵਾਲੀ । ਆਥਿ—ਹੈ । ਸਰੁ—ਸਰੋਵਰ, ਸਾਗਰ । ਲਾਭੁ—ਖੱਟੀ । ਪੂੰਜੀ—ਰਾਸਿ, ਮੂਲ ।

ਅਰਥ :—(ਜੋ ਮਨੁੱਖ) ਸਾਰੀ ਸ੍ਰਿਸ਼ਟੀ ਨੂੰ ਨਾਹ ਨਾਸ ਹੋਣ ਵਾਲੀ ਵੇਖਦਾ ਹੈ ਉਸ ਨੂੰ ਬੜਾ ਦੁੱਖ (ਵਿਆਪਦਾ ਹੈ, ਉਹ (ਮਾਨੋ) ਕੱਲਰ ਲੱਦ ਰਿਹਾ ਹੈ (ਪਰ ਉਸ ਨੇ) ਸਮੁੰਦਰ ਲੰਘਣਾ ਹੈ, ਉਸ ਦੇ ਪੱਲੇ ਨਾਹ ਮੂਲ ਹੈ ਤੇ ਨਾਹ ਖੱਟੀ ।੧।

ਮਃ ੧ ॥ ਪੂੰਜੀ ਸਾਚਉ ਨਾਮੁ, ਤੂ ਅਖੁਟਉ ਦਰਬੁ ਅਪਾਰੁ ॥ ਨਾਨਕ ਵਖਰੁ ਨਿਰਮਲਉ ਧੰਨੁ ਸਾਹੁ ਵਾਪਾਰੁ ॥੨॥ {ਪੰਨਾ ੧੦੯੦}

ਅਰਥ :—(ਜਿਸ ਮਨੁੱਖ ਦੇ ਪਾਸ) ਪ੍ਰਭੂ ਦਾ ਨਾਮ ਪੂੰਜੀ ਹੈ, ਜਿਸ ਪਾਸ (ਹੇ ਪ੍ਰਭੂ!) ਤੂੰ ਨਾਹ ਮੁੱਕਣ ਵਾਲਾ ਤੇ ਬੇਅੰਤ ਧਨ ਹੈਂ, ਜਿਸ ਪਾਸ ਇਹ ਪਵਿਤ੍ਰ ਸੌਦਾ ਹੈ, ਹੇ ਨਾਨਕ! ਉਹ ਸ਼ਾਹ ਧੰਨ ਹੈ ਤੇ ਉਸ ਦਾ ਵਣਜ ਧੰਨ ਹੈ ।੨।

ਮਃ ੧ ॥ ਪੂਰਬ ਪ੍ਰੀਤਿ ਪਿਰਾਣਿ ਲੈ ਮੋਟਉ ਠਾਕੁਰੁ ਮਾਣਿ ॥ ਮਾਥੈ ਊਭੈ ਜਮੁ ਮਾਰਸੀ ਨਾਨਕ ਮੇਲਣੁ ਨਾਮਿ ॥੩॥ {ਪੰਨਾ ੧੦੯੦}

ਪਦ ਅਰਥ :—ਪਿਰਾਣਿ—ਪਛਾਣ । ਮਾਣਿ—ਭਾਵ, ਸਿਮਰ । ਮਾਥੈ ਊਭੈ—ਮੂੰਹ-ਭਾਰ ।

ਅਰਥ :—(ਹੇ ਜੀਵ!) ਪ੍ਰਭੂ ਨਾਲ ਮੁੱਢਲੀ ਪ੍ਰੀਤ ਪਛਾਣ, ਉਸ ਵੱਡੇ ਮਾਲਕ ਨੂੰ ਯਾਦ ਕਰ । ਹੇ ਨਾਨਕ! ਪ੍ਰਭੂ ਦੇ ਨਾਮ ਵਿਚ ਜੁੜਨਾ ਜਮ ਨੂੰ (ਭਾਵ, ਮੌਤ ਦੇ ਸਹਿਮ ਨੂੰ) ਮੂੰਹ-ਭਾਰ ਮਾਰਦਾ ਹੈ ।੩।

ਪਉੜੀ ॥ ਆਪੇ ਪਿੰਡੁ ਸਵਾਰਿਓਨੁ ਵਿਚਿ ਨਵ ਨਿਧਿ ਨਾਮੁ ॥ ਇਕਿ ਆਪੇ ਭਰਮਿ ਭੁਲਾਇਅਨੁ ਤਿਨ ਨਿਹਫਲ ਕਾਮੁ ॥ ਇਕਨੀ ਗੁਰਮੁਖਿ ਬੁਝਿਆ ਹਰਿ ਆਤਮ ਰਾਮੁ ॥ ਇਕਨੀ ਸੁਣਿ ਕੈ ਮੰਨਿਆ ਹਰਿ ਊਤਮ ਕਾਮੁ ॥ ਅੰਤਰਿ ਹਰਿ ਰੰਗੁ ਉਪਜਿਆ ਗਾਇਆ ਹਰਿ ਗੁਣ ਨਾਮੁ ॥੧੩॥ {ਪੰਨਾ ੧੦੯੦}

ਅਰਥ :—ਪਰਮਾਤਮਾ ਨੇ ਆਪ ਹੀ ਇਹ ਮਨੁੱਖਾ ਸਰੀਰ ਸੰਵਾਰਿਆ ਹੈ ਤੇ ਆਪ ਹੀ ਇਸ ਵਿਚ ਆਪਣਾ ਨਾਮ (ਮਾਨੋ) ਨੌ ਖ਼ਜ਼ਾਨੇ ਪਾ ਦਿੱਤੇ ਹਨ । ਪਰ ਕਈ ਜੀਵ ਉਸ ਨੇ ਆਪ ਹੀ ਭਟਕਣਾ ਵਿਚ ਪਾ ਕੇ ਕੁਰਾਹੇ ਪਾਏ ਹੋਏ ਹਨ, ਉਹਨਾਂ ਦਾ (ਸਾਰਾ) ਉੱਦਮ ਅਸਫਲ ਜਾਂਦਾ ਹੈ । ਕਈ ਜੀਵਾਂ ਨੇ ਗੁਰੂ ਦੇ ਸਨਮੁਖ ਹੋ ਕੇ (ਸਭ ਥਾਂ) ਪਰਮਾਤਮਾ ਦੀ ਜੋਤਿ (ਵਿਆਪਕ) ਸਮਝੀ ਹੈ, ਕਈ ਜੀਵਾਂ ਨੇ 'ਨਾਮ' ਸੁਣ ਕੇ ਮੰਨ ਲਿਆ ਹੈ (ਭਾਵ, 'ਨਾਮ' ਵਿਚ ਮਨ ਗਿਝਾ ਲਿਆ ਹੈ) ਉਹਨਾਂ ਦਾ ਇਹ ਉੱਦਮ ਚੰਗਾ ਹੈ ।

ਜੋ ਮਨੁੱਖ ਪ੍ਰਭੂ ਦੇ ਗੁਣ ਗਾਂਦੇ ਹਨ, 'ਨਾਮ' ਸਿਮਰਦੇ ਹਨ ਉਹਨਾਂ ਦੇ ਮਨ ਵਿਚ ਪ੍ਰਭੂ ਦਾ ਪਿਆਰ ਪੈਦਾ ਹੁੰਦਾ ਹੈ ।੧੩।

ਸਲੋਕੁ ਮਃ ੧ ॥ ਭੋਲਤਣਿ ਭੈ ਮਨਿ ਵਸੈ ਹੇਕੈ ਪਾਧਰ ਹੀਡੁ ॥ ਅਤਿ ਡਾਹਪਣਿ ਦੁਖੁ ਘਣੋ ਤੀਨੇ ਥਾਵ ਭਰੀਡੁ ॥੧॥ {ਪੰਨਾ ੧੦੯੧}

ਪਦ ਅਰਥ :—ਭੋਲਤਣਿ—ਭੋਲਾ-ਪਨ ਦੇ ਕਾਰਨ । ਭੈ—(ਰੱਬ ਦੇ) ਡਰ ਦੀ ਰਾਹੀਂ । ਹੇਕੈ—ਇਹੀ ਇਕ । ਪਾਧਰ—ਪੱਧਰਾ, ਸਰਲ । ਹੀਡੁ—ਹਿਰਦਾ । ਡਾਹਪਣਿ—{ਡਾਹ—ਸਾੜਾ} ਸਾੜੇ ਈਰਖਾ ਦੇ ਕਾਰਨ । ਤੀਨੇ ਥਾਵ—ਤਿੰਨੇ ਥਾਂ (ਮਨ, ਬਾਣੀ, ਸਰੀਰ) । ਭਰੀਡੁ—ਭਰਿਸ਼ਟ ।

ਅਰਥ :—ਉਹੀ ਇਕ ਹਿਰਦਾ ਸਰਲ ਹੈ ਜਿਸ ਹਿਰਦੇ ਵਿਚ ਭੋਲਾ-ਪਨ ਤੇ (ਰੱਬੀ) ਡਰ ਦੇ ਕਾਰਨ (ਰੱਬ ਆਪ) ਵੱਸਦਾ ਹੈ । ਪਰ ਸਾੜੇ ਈਰਖਾ ਦੇ ਕਾਰਨ ਬਹੁਤ ਹੀ ਦੁੱਖ ਵਿਆਪਦਾ ਹੈ, ਮਨ ਬਾਣੀ ਤੇ ਸਰੀਰ ਤਿੰਨੇ ਹੀ ਭਰਿਸ਼ਟੇ ਰਹਿੰਦੇ ਹਨ ।੧।

ਮਃ ੧ ॥ ਮਾਂਦਲੁ ਬੇਦਿ ਸਿ ਬਾਜਣੋ ਘਣੋ ਧੜੀਐ ਜੋਇ ॥ ਨਾਨਕ ਨਾਮੁ ਸਮਾਲਿ ਤੂ ਬੀਜਉ ਅਵਰੁ ਨ ਕੋਇ ॥੨॥ {ਪੰਨਾ ੧੦੯੧}

ਪਦ ਅਰਥ :—ਮਾਂਦਲੁ—ਢੋਲ । ਬੇਦਿ—ਬੇਦ ਨੇ । ਸਿ—ਉਸ (ਮਾਂਦਲ) ਨੂੰ । ਬਾਜਣੋ—ਵਜਾਇਆ । ਘਣੋ ਧੜੀਐ—ਘਣਾ ਧੜਾ, ਬਹੁਤ ਲੁਕਾਈ । ਜੋਇ—ਤੱਕਦਾ ਹੈ {ਨੋਟ :—ਇਹ ਲਫ਼ਜ਼ "ਜੋਇ" ਪਉੜੀ ਨੰ: ੧੨, ੧੩ ਤੇ ੧੪ ਦੇ ਨਾਲ ਵਰਤੇ ਹੋਏ ਸ਼ਲੋਕਾਂ ਵਿਚ ਆਇਆ ਹੈ ਸ਼ਲੋਕ ਤਿੰਨੇ ਹੀ ਗੁਰੂ ਨਾਨਕ ਦੇਵ ਜੀ ਦੇ ਹਨ । 'ਬੋਲੀ' ਭੀ ਹਰੇਕ ਵਿਚ 'ਲਹਿੰਦੀ' ਹੈ । ਸੋ, ਹਰੇਕ ਸ਼ਲੋਕ ਵਿਚ ਇਸ ਲਫ਼ਜ਼ ਦਾ ਅਰਥ ਇਕੋ ਹੀ ਚਾਹੀਦਾ ਹੈ} । ਬੀਜਉ—ਦੂਜਾ ।

ਅਰਥ :—ਘਣਾ ਧੜਾ (ਭਾਵ, ਬਹੁਤੀ ਲੁਕਾਈ) ਤੱਕਦਾ ਹੈ ਉਸ ਢੋਲ ਨੂੰ (ਜੋ ਢੋਲ) ਵੇਦ ਨੇ ਵਜਾਇਆ {ਭਾਵ, ਕਰਮ ਕਾਂਡ ਦਾ ਰਸਤਾ} । ਹੇ ਨਾਨਕ! ਤੂੰ 'ਨਾਮ' ਸਿਮਰ, (ਇਸ ਤੋਂ ਛੁਟ) ਹੋਰ ਦੂਜਾ ਕੋਈ (ਸਹੀ ਰਸਤਾ) ਨਹੀਂ ਹੈ ।੨।

{ਨੋਟ :—ਵੇਖੋ, ਸਲੋਕ ਕਬੀਰ ਜੀ ਨੰ: ੧੬੫ :

ਕਬੀਰ ਜਿਹ ਮਾਰਗਿ ਪੰਡਿਤ ਗਏ ਪਾਛੈ ਪਰੀ ਬਹੀਰ ॥
ਇਕ ਅਵਘਟ ਘਾਟੀ ਰਾਮ ਕੀ ਤਿਹ ਚੜਿ ਰਹਿਓ ਕਬੀਰ ॥੧੬੫॥}

ਮਃ ੧ ॥ ਸਾਗਰੁ ਗੁਣੀ ਅਥਾਹੁ ਕਿਨਿ ਹਾਥਾਲਾ ਦੇਖੀਐ ॥ ਵਡਾ ਵੇਪਰਵਾਹੁ ਸਤਿਗੁਰੁ ਮਿਲੈ ਤ ਪਾਰਿ ਪਵਾ ॥ ਮਝ ਭਰਿ ਦੁਖ ਬਦੁਖ ॥ ਨਾਨਕ ਸਚੇ ਨਾਮ ਬਿਨੁ ਕਿਸੈ ਨ ਲਥੀ ਭੁਖ ॥੩॥ {ਪੰਨਾ ੧੦੯੧}

ਪਦ ਅਰਥ :—ਗੁਣੀ—ਤ੍ਰੈਗੁਣੀ, ਮਾਇਆ ਦੇ ਤਿੰਨ ਗੁਣਾਂ ਵਾਲਾ । ਕਿਨਿ—ਕਿਸ ਨੇ? ਕਿਸੇ ਵਿਰਲੇ ਨੇ । ਹਾਥਾਲਾ—ਹਾਥ, ਥਾਹ । ਮਝ—ਵਿਚਲਾ ਹਿੱਸਾ, (ਭਾਵ,) ਸਾਰਾ । ਭਰਿ—ਭਰਿਆ ।

ਅਰਥ :—(ਇਹ) ਤ੍ਰੈ-ਗੁਣੀ (ਸੰਸਾਰ) (ਮਾਨੋ) ਇਕ ਅੱਤ ਡੂੰਘਾ ਸਮੁੰਦਰ ਹੈ, ਇਸ ਦੀ ਹਾਥ ਕਿਸ ਨੇ ਲੱਭੀ ਹੈ? ਜੇ ਸਤਿਗੁਰੂ (ਜੋ ਇਸ ਤ੍ਰਿਗੁਣੀ ਸੰਸਾਰ ਵਲੋਂ) ਬੜਾ ਬੇ-ਪਰਵਾਹ (ਹੈ) ਮਿਲ ਪਏ ਤਾਂ ਮੈਂ ਭੀ ਇਸ ਤੋਂ ਪਾਰ ਲੰਘ ਜਾਵਾਂ । ਇਸ ਸੰਸਾਰ-ਸਮੁੰਦਰ ਦਾ ਵਿਚਲਾ ਹਿੱਸਾ ਦੁੱਖਾਂ ਨਾਲ ਹੀ ਭਰਿਆ ਹੋਇਆ ਹੈ ।

ਹੇ ਨਾਨਕ! ਪ੍ਰਭੂ ਦਾ ਨਾਮ ਸਿਮਰਨ ਤੋਂ ਬਿਨਾ ਕਿਸੇ ਦੀ ਭੀ (ਤ੍ਰਿਗੁਣੀ ਮਾਇਆ ਬਾਰੇ) ਭੁੱਖ ਨਹੀਂ ਉਤਰਦੀ ।੩।

ਪਉੜੀ ॥ ਜਿਨੀ ਅੰਦਰੁ ਭਾਲਿਆ ਗੁਰ ਸਬਦਿ ਸੁਹਾਵੈ ॥ ਜੋ ਇਛਨਿ ਸੋ ਪਾਇਦੇ ਹਰਿ ਨਾਮੁ ਧਿਆਵੈ ॥ ਜਿਸ ਨੋ ਕ੍ਰਿਪਾ ਕਰੇ ਤਿਸੁ ਗੁਰੁ ਮਿਲੈ ਸੋ ਹਰਿ ਗੁਣ ਗਾਵੈ ॥ ਧਰਮਰਾਇ ਤਿਨ ਕਾ ਮਿਤੁ ਹੈ ਜਮ ਮਗਿ ਨ ਪਾਵੈ ॥ ਹਰਿ ਨਾਮੁ ਧਿਆਵਹਿ ਦਿਨਸੁ ਰਾਤਿ ਹਰਿ ਨਾਮਿ ਸਮਾਵੈ ॥੧੪॥ {ਪੰਨਾ ੧੦੯੧}

ਪਦ ਅਰਥ :—ਸੁਹਾਵੈ ਸਬਦਿ—ਸੋਹਣੇ ਸ਼ਬਦ ਦੀ ਰਾਹੀਂ । ਜਮ ਮਗਿ—ਜਮ ਦੇ ਰਾਹ ਤੇ । ਨ ਪਾਵੈ—ਨਹੀਂ ਤੋਰਦਾ । ਅੰਦਰੁ—ਅੰਦਰਲਾ, ਮਨ ।

ਅਰਥ :—ਸਤਿਗੁਰੂ ਦੇ ਸੋਹਣੇ ਸ਼ਬਦ ਦੀ ਰਾਹੀਂ ਜਿਨ੍ਹਾਂ ਨੇ ਆਪਣਾ ਮਨ ਖੋਜਿਆ ਹੈ ਉਹ ਹਰਿ-ਨਾਮ ਸਿਮਰਦੇ ਹਨ ਤੇ ਮਨ-ਇੱਛਤ ਫਲ ਪਾਂਦੇ ਹਨ ।

ਜਿਸ ਮਨੁੱਖ ਉਤੇ ਪ੍ਰਭੂ ਮਿਹਰ ਕਰੇ ਉਸ ਨੂੰ ਗੁਰੂ ਮਿਲਦਾ ਹੈ ਤੇ ਉਹ ਪ੍ਰਭੂ ਦੇ ਗੁਣ ਗਾਂਦਾ ਹੈ । ਧਰਮਰਾਜ ਉਹਨਾਂ ਦਾ ਮਿੱਤਰ ਬਣ ਜਾਂਦਾ ਹੈ ਉਹਨਾਂ ਨੂੰ ਉਹ ਜਮ ਦੇ ਰਾਹ ਤੇ ਨਹੀਂ ਪਾਂਦਾ; ਉਹ ਦਿਨ ਰਾਤ ਹਰਿ-ਨਾਮ ਸਿਮਰਦੇ ਹਨ ਤੇ ਹਰਿ-ਨਾਮ ਵਿਚ ਜੁੜੇ ਰਹਿੰਦੇ ਹਨ ।੧੪।

ਸਲੋਕੁ ਮਃ ੧ ॥ ਸੁਣੀਐ ਏਕੁ ਵਖਾਣੀਐ ਸੁਰਗਿ ਮਿਰਤਿ ਪਇਆਲਿ ॥ ਹੁਕਮੁ ਨ ਜਾਈ ਮੇਟਿਆ ਜੋ ਲਿਖਿਆ ਸੋ ਨਾਲਿ ॥ ਕਉਣੁ ਮੂਆ ਕਉਣੁ ਮਾਰਸੀ ਕਉਣੁ ਆਵੈ ਕਉਣੁ ਜਾਇ ॥ ਕਉਣੁ ਰਹਸੀ ਨਾਨਕਾ ਕਿਸ ਕੀ ਸੁਰਤਿ ਸਮਾਇ ॥੧॥ {ਪੰਨਾ ੧੦੯੧}

ਪਦ ਅਰਥ :—ਸੁਰਗਿ—ਸੁਰਗ ਵਿਚ । ਮਿਰਤਿ—ਧਰਤੀ ਤੇ । ਪਇਆਲਿ—ਪਾਤਾਲ ਵਿਚ । ਰਹਸੀ—ਆਨੰਦ ਮਾਣਦਾ ਹੈ । ਕਉਣੁ—(ਪ੍ਰਭੂ ਤੋਂ ਬਿਨਾ ਹੋਰ) ਕੌਣ? ਪ੍ਰਭੂ ਆਪ ਹੀ ।

ਅਰਥ :—ਇਹੀ ਗੱਲ ਸੁਣੀਦੀ ਹੈ ਤੇ ਬਿਆਨ ਕੀਤੀ ਜਾ ਰਹੀ ਹੈ ਕਿ ਸੁਰਗ ਵਿਚ ਧਰਤੀ ਤੇ ਪਾਤਾਲ ਵਿਚ (ਤਿੰਨਾਂ ਹੀ ਲੋਕਾਂ ਵਿਚ) ਪ੍ਰਭੂ ਇਕ ਆਪ ਹੀ ਆਪ ਹੈ, ਉਸ ਦਾ ਹੁਕਮ ਉਲੰਘਿਆ ਨਹੀਂ ਜਾ ਸਕਦਾ, (ਜੀਆਂ ਦਾ) ਜੋ ਜੋ ਲੇਖ ਉਸ ਨੇ ਲਿਖਿਆ ਹੈ ਉਹੀ (ਹਰੇਕ ਜੀਵ ਨੂੰ) ਤੋਰ ਰਿਹਾ ਹੈ । (ਸੋ,) ਨਾਹ ਕੋਈ ਮਰਦਾ ਹੈ ਨਾਹ ਕੋਈ ਮਾਰਦਾ ਹੈ, ਨਾਹ ਕੋਈ ਜੰਮਦਾ ਹੈ ਨਾਹ ਕੋਈ ਮਰਦਾ ਹੈ । ਹੇ ਨਾਨਕ! ਉਹ ਆਪ ਹੀ ਆਨੰਦ ਲੈਣ ਵਾਲਾ ਹੈ, ਉਸ ਦੀ ਆਪਣੀ ਹੀ ਸੁਰਤਿ (ਆਪਣੇ ਆਪ ਵਿਚ) ਟਿਕੀ ਹੋਈ ਹੈ ।੧।

ਮਃ ੧ ॥ ਹਉ ਮੁਆ ਮੈ ਮਾਰਿਆ ਪਉਣੁ ਵਹੈ ਦਰੀਆਉ ॥ ਤ੍ਰਿਸਨਾ ਥਕੀ ਨਾਨਕਾ ਜਾ ਮਨੁ ਰਤਾ ਨਾਇ ॥ ਲੋਇਣ ਰਤੇ ਲੋਇਣੀ ਕੰਨੀ ਸੁਰਤਿ ਸਮਾਇ ॥ ਜੀਭ ਰਸਾਇਣਿ ਚੂਨੜੀ ਰਤੀ ਲਾਲ ਲਵਾਇ ॥ ਅੰਦਰੁ ਮੁਸਕਿ ਝਕੋਲਿਆ ਕੀਮਤਿ ਕਹੀ ਨ ਜਾਇ ॥੨॥ {ਪੰਨਾ ੧੦੯੧}

ਪਦ ਅਰਥ :—ਹਉ ਮੁਆ—'ਹਉ' ਵਿਚ ਮੋਇਆ ਹੋਇਆ, ਇਸ ਖ਼ਿਆਲ ਵਿਚ ਮਰਿਆ ਪਿਆ ਕਿ ਮੈਂ ਵੱਡਾ ਹਾਂ । ਮੈ ਮਾਰਿਆ—'ਮੈਂ' ਦਾ ਮਾਰਿਆ ਹੋਇਆ । ਪਉਣੁ—ਹਵਾ, ਤ੍ਰਿਸ਼ਨਾ । ਨਾਇ—ਨਾਮ ਵਿਚ । ਲੋਇਣ—ਅੱਖਾਂ । ਲੋਇਣੀ—ਅੱਖਾਂ ਵਿਚ ਹੀ, (ਭਾਵ,) ਆਪਣੇ ਆਪ ਵਿਚ ਹੀ (ਬਾਹਰਲੇ ਰੂਪ ਵਲ ਤੱਕਣ ਦੀ ਤਾਂਘ ਨਹੀਂ ਰਹੀ) । ਸੁਰਤਿ—(ਨਿੰਦਾ ਆਦਿਕ) ਸੁਣਨ ਦੀ ਤਾਂਘ । ਰਸਾਇਣਿ—ਰਸਾਂ ਦੇ ਘਰ (-ਨਾਮ) ਵਿਚ । ਚੂਨੜੀ—ਸੋਹਣਾ ਹੀਰਾ । ਲਵਾਇ—ਉੱਚਾਰ ਕੇ । ਮੁਸਕਿ—ਮਹਕ ਕੇ । ਝਕੋਲਿਆ—ਲਪਟਾਂ ਦੇ ਰਿਹਾ ਹੈ ।

ਅਰਥ :—ਜਿਤਨਾ ਚਿਰ ਜੀਵ 'ਹਉਮੈ' ਦਾ ਮਾਰਿਆ ਹੋਇਆ ਹੈ ਉਸ ਦੇ ਅੰਦਰ ਤ੍ਰਿਸ਼ਨਾ ਦਾ ਦਰਿਆ ਵਹਿੰਦਾ ਰਹਿੰਦਾ ਹੈ । ਪਰ, ਹੇ ਨਾਨਕ! ਜਦੋਂ ਮਨ 'ਨਾਮ' ਵਿਚ ਰੰਗਿਆ ਜਾਂਦਾ ਹੈ ਤਾਂ ਤ੍ਰਿਸ਼ਨਾ ਮੁੱਕ ਜਾਂਦੀ ਹੈ, ਅੱਖਾਂ ਆਪਣੇ ਆਪ ਵਿਚ ਰੱਤੀਆਂ ਜਾਂਦੀਆਂ ਹਨ, (ਨਿੰਦਾ ਆਦਿਕ) ਸੁਣਨ ਦੀ ਤਾਂਘ ਕੰਨਾਂ ਵਿਚ ਹੀ ਲੀਨ ਹੋ ਜਾਂਦੀ ਹੈ, ਜੀਭ 'ਨਾਮ' ਸਿਮਰ ਕੇ ਨਾਮ-ਰਸੈਣ ਵਿਚ ਰੰਗੀਜ ਕੇ ਸੋਹਣਾ ਲਾਲ ਬਣ ਜਾਂਦੀ ਹੈ, ਮਨ ('ਨਾਮ' ਵਿਚ) ਮਹਕ ਕੇ ਲਪਟਾਂ ਦੇਂਦਾ ਹੈ । (ਐਸੇ ਜੀਵਨ ਵਾਲੇ ਦਾ) ਮੁੱਲ ਨਹੀਂ ਪੈ ਸਕਦਾ ।੨।

ਪਉੜੀ ॥ ਇਸੁ ਜੁਗ ਮਹਿ ਨਾਮੁ ਨਿਧਾਨੁ ਹੈ ਨਾਮੋ ਨਾਲਿ ਚਲੈ ॥ ਏਹੁ ਅਖੁਟੁ ਕਦੇ ਨ ਨਿਖੁਟਈ ਖਾਇ ਖਰਚਿਉ ਪਲੈ ॥ ਹਰਿ ਜਨ ਨੇੜਿ ਨ ਆਵਈ ਜਮਕੰਕਰ ਜਮਕਲੈ ॥ ਸੇ ਸਾਹ ਸਚੇ ਵਣਜਾਰਿਆ ਜਿਨ ਹਰਿ ਧਨੁ ਪਲੈ ॥ ਹਰਿ ਕਿਰਪਾ ਤੇ ਹਰਿ ਪਾਈਐ ਜਾ ਆਪਿ ਹਰਿ ਘਲੈ ॥੧੫॥ {ਪੰਨਾ ੧੦੯੧}

ਪਦ ਅਰਥ :—ਜਮ ਕੰਕਰ—ਜਮ ਦਾ ਸੇਵਕ ਜਮ-ਦੂਤ । ਜਮਕਲੈ—ਜਮ ਕਾਲ ।

ਅਰਥ :—ਮਨੁੱਖਾ ਜਨਮ ਵਿਚ (ਜੀਵ ਲਈ ਪਰਮਾਤਮਾ ਦਾ) ਨਾਮ ਹੀ (ਅਸਲ) ਖ਼ਜ਼ਾਨਾ ਹੈ, 'ਨਾਮ' ਹੀ (ਇਥੋਂ ਮਨੁੱਖ ਦੇ) ਨਾਲ ਜਾਂਦਾ ਹੈ, ਇਹ ਨਾਮ-ਖ਼ਜ਼ਾਨਾ ਅਮੁੱਕ ਹੈ ਕਦੇ ਮੁੱਕਦਾ ਨਹੀਂ, ਬੇਸ਼ਕ ਖਾਓ ਖਰਚੋ ਤੇ ਪੱਲੇ ਬੰਨ੍ਹੋ; (ਫਿਰ, ਇਸ ਖ਼ਜ਼ਾਨੇ ਵਾਲੇ) ਭਗਤ ਜਨ ਦੇ ਨੇੜੇ ਜਮਕਾਲ ਜਮਦੂਤ ਭੀ ਨਹੀਂ ਆਉਂਦੇ । ਜਿਨ੍ਹਾਂ ਨੇ ਨਾਮ-ਧਨ ਇਕੱਠਾ ਕੀਤਾ ਹੈ ਉਹੀ ਸੱਚੇ ਸ਼ਾਹ ਹਨ ਉਹੀ ਸੱਚੇ ਵਪਾਰੀ ਹਨ । ਇਹ ਨਾਮ-ਧਨ ਪਰਮਾਤਮਾ ਦੀ ਮਿਹਰ ਨਾਲ ਮਿਲਦਾ ਹੈ ਜਦੋਂ ਉਹ ਆਪ (ਗੁਰੂ ਨੂੰ ਜਗਤ ਵਿਚ) ਭੇਜਦਾ ਹੈ ।੧੫।

ਸਲੋਕੁ ਮਃ ੩ ॥ ਮਨਮੁਖ ਵਾਪਾਰੈ ਸਾਰ ਨ ਜਾਣਨੀ ਬਿਖੁ ਵਿਹਾਝਹਿ ਬਿਖੁ ਸੰਗ੍ਰਹਹਿ ਬਿਖ ਸਿਉ ਧਰਹਿ ਪਿਆਰੁ ॥ ਬਾਹਰਹੁ ਪੰਡਿਤ ਸਦਾਇਦੇ ਮਨਹੁ ਮੂਰਖ ਗਾਵਾਰ ॥ ਹਰਿ ਸਿਉ ਚਿਤੁ ਨ ਲਾਇਨੀ ਵਾਦੀ ਧਰਨਿ ਪਿਆਰੁ ॥ ਵਾਦਾ ਕੀਆ ਕਰਨਿ ਕਹਾਣੀਆ ਕੂੜੁ ਬੋਲਿ ਕਰਹਿ ਆਹਾਰੁ ॥ ਜਗ ਮਹਿ ਰਾਮ ਨਾਮੁ ਹਰਿ ਨਿਰਮਲਾ ਹੋਰੁ ਮੈਲਾ ਸਭੁ ਆਕਾਰੁ ॥ ਨਾਨਕ ਨਾਮੁ ਨ ਚੇਤਨੀ ਹੋਇ ਮੈਲੇ ਮਰਹਿ ਗਵਾਰ ॥੧॥

ਪਦ ਅਰਥ :—ਸਾਰ—ਕਦਰ । ਬਿਖੁ—ਜ਼ਹਿਰ, ਮਾਇਆ । ਸੰਗ੍ਰਹਹਿ—ਇਕੱਠਾ ਕਰਦੇ ਹਨ, ਜੋੜਦੇ ਹਨ । ਵਾਦੀ—ਝਗੜਿਆਂ ਵਿਚ, ਮਜ਼ਹਬੀ ਬਹਿਸਾਂ ਵਿਚ । ਆਹਾਰੁ—ਖ਼ੁਰਾਕ, ਭੋਜਨ । ਆਕਾਰੁ—ਦਿੱਸਦਾ ਜਗਤ । ਮੈਲਾ—ਮੈਲ ਪੈਦਾ ਕਰਨ ਵਾਲਾ ।

ਅਰਥ :—ਆਪਣੇ ਮਨ ਦੇ ਪਿੱਛੇ ਤੁਰਨ ਵਾਲੇ ਮਨੁੱਖ (ਅਸਲ) ਵਪਾਰ ਦੀ ਕਦਰ ਨਹੀਂ ਜਾਣਦੇ, ਉਹ ਮਾਇਆ ਦਾ ਸੌਦਾ ਕਰਦੇ ਹਨ, ਮਾਇਆ ਜੋੜਦੇ ਹਨ ਤੇ ਮਾਇਆ ਨਾਲ ਹੀ ਪਿਆਰ ਕਰਦੇ ਹਨ; ਉਹ ਬਾਹਰੋਂ ਤਾਂ ਵਿਦਵਾਨ ਅਖਵਾਂਦੇ ਹਨ ਪਰ ਅਸਲ ਵਿਚ ਮੂਰਖ ਹਨ ਗੰਵਾਰ ਹਨ, (ਕਿਉਂਕਿ) ਉਹ ਪ੍ਰਭੂ ਨਾਲ ਤਾਂ ਮਨ ਨਹੀਂ ਲਾਂਦੇ (ਵਿੱਦਿਆ ਦੇ ਆਸਰੇ) ਚਰਚਾ ਵਿਚ ਪਿਆਰ ਕਰਦੇ ਹਨ, ਚਰਚਾ ਦੀਆਂ ਹੀ ਨਿੱਤ ਗੱਲਾਂ ਕਰਦੇ ਹਨ; ਤੇ ਰੋਜ਼ੀ ਕਮਾਂਦੇ ਹਨ ਕੂੜ ਬੋਲ ਕੇ ।

(ਅਸਲ ਗੱਲ ਇਹ ਹੈ ਕਿ) ਨਾਮ ਸਿਮਰਨਾ ਹੀ ਜਗਤ ਵਿਚ (ਪਵਿਤ੍ਰ ਕੰਮ) ਹੈ, ਹੋਰ ਜੋ ਕੁਝ ਦਿੱਸ ਰਿਹਾ ਹੈ (ਇਸ ਦਾ ਆਹਰ) ਮੈਲ ਪੈਦਾ ਕਰਦਾ ਹੈ । ਹੇ ਨਾਨਕ! ਜੋ 'ਨਾਮ' ਨਹੀਂ ਸਿਮਰਦੇ ਉਹ ਮੂਰਖ ਨੀਵੇਂ ਜੀਵਨ ਵਾਲੇ ਹੋ ਕੇ ਆਤਮਕ ਮੌਤ ਸਹੇੜਦੇ ਹਨ ।੧।

ਮਃ ੩ ॥ ਦੁਖੁ ਲਗਾ ਬਿਨੁ ਸੇਵਿਐ ਹੁਕਮੁ ਮੰਨੇ ਦੁਖੁ ਜਾਇ ॥ ਆਪੇ ਦਾਤਾ ਸੁਖੈ ਦਾ ਆਪੇ ਦੇਇ ਸਜਾਇ ॥ ਨਾਨਕ ਏਵੈ ਜਾਣੀਐ ਸਭੁ ਕਿਛੁ ਤਿਸੈ ਰਜਾਇ ॥੨॥ {ਪੰਨਾ ੧੦੯੧}

ਪਦ ਅਰਥ :—ਬਿਨੁ ਸੇਵਿਐ—(ਪ੍ਰਭੂ ਦੀ) ਸੇਵਾ ਕਰਨ ਤੋਂ ਬਿਨਾ, ਸਿਮਰਨ ਕਰਨ ਤੋਂ ਬਿਨਾ । ਆਪੇ—ਆਪ ਹੀ । ਸਜਾਇ—ਸਜ਼ਾ, ਦੰਡ । ਏਵੈ—ਇਸੇ ਤਰ੍ਹਾਂ ਹੀ, (ਭਾਵ,) ਹੁਕਮ ਮੰਨਣ ਨਾਲ ਹੀ ।

ਅਰਥ :—(ਪ੍ਰਭੂ ਦਾ) ਸਿਮਰਨ ਕਰਨ ਤੋਂ ਬਿਨਾ ਮਨੁੱਖ ਨੂੰ ਦੁੱਖ ਵਿਆਪਦਾ ਹੈ, ਜਦੋਂ (ਪ੍ਰਭੂ ਦਾ) ਹੁਕਮ ਮੰਨਦਾ ਹੈ (ਭਾਵ, ਰਜ਼ਾ ਵਿਚ ਤੁਰਦਾ ਹੈ) ਤਾਂ ਦੁੱਖ ਦੂਰ ਹੋ ਜਾਂਦਾ ਹੈ (ਕਿਉਂਕਿ ਪ੍ਰਭੂ) ਆਪ ਹੀ ਸੁਖ ਦੇਣ ਵਾਲਾ ਹੈ ਤੇ ਆਪ ਹੀ ਸਜ਼ਾ ਦੇਣ ਵਾਲਾ ਹੈ । ਹੇ ਨਾਨਕ! ਹੁਕਮ ਵਿਚ ਤੁਰਿਆਂ ਹੀ ਇਹ ਸਮਝ ਪੈਂਦੀ ਹੈ ਕਿ ਸਭ ਕੁਝ ਪ੍ਰਭੂ ਦੀ ਰਜ਼ਾ ਵਿਚ ਹੋ ਰਿਹਾ ਹੈ ।੨।

ਪਉੜੀ ॥ ਹਰਿ ਨਾਮ ਬਿਨਾ ਜਗਤੁ ਹੈ ਨਿਰਧਨੁ ਬਿਨੁ ਨਾਵੈ ਤ੍ਰਿਪਤਿ ਨਾਹੀ ॥ ਦੂਜੈ ਭਰਮਿ ਭੁਲਾਇਆ ਹਉਮੈ ਦੁਖੁ ਪਾਹੀ ॥ ਬਿਨੁ ਕਰਮਾ ਕਿਛੂ ਨ ਪਾਈਐ ਜੇ ਬਹੁਤੁ ਲੋਚਾਹੀ ॥ ਆਵੈ ਜਾਇ ਜੰਮੈ ਮਰੈ ਗੁਰ ਸਬਦਿ ਛੁਟਾਹੀ ॥ ਆਪਿ ਕਰੈ ਕਿਸੁ ਆਖੀਐ ਦੂਜਾ ਕੋ ਨਾਹੀ ॥੧੬॥ {ਪੰਨਾ ੧੦੯੧}

ਪਦ ਅਰਥ :—ਨਿਰਧਨੁ—ਕੰਗਾਲ । ਤ੍ਰਿਪਤਿ—ਸੰਤੋਖ । ਦੂਜੈ—ਮਾਇਆ ਦੇ ਮੋਹ ਦੇ ਕਾਰਨ । ਭਰਮਿ—ਭੁਲੇਖੇ ਵਿਚ । ਭਰਮਿ—ਭਟਕਣਾ ਵਿਚ (ਪੈ ਕੇ) । ਭੁਲਾਇਆ—ਕੁਰਾਹੇ ਪਿਆ ਰਹਿੰਦਾ ਹੈ ।

ਅਰਥ :—ਪ੍ਰਭੂ ਦੇ 'ਨਾਮ' ਤੋਂ ਬਿਨਾ ਜਗਤ ਕੰਗਾਲ ਹੈ (ਕਿਉਂਕਿ ਭਾਵੇਂ ਕਿਤਨੀ ਹੀ ਮਾਇਆ ਜੋੜ ਲਏ) 'ਨਾਮ' ਤੋਂ ਬਿਨਾ ਸੰਤੋਖ ਨਹੀਂ ਆਉਂਦਾ;

ਮਾਇਆ ਦੇ ਮੋਹ ਕਰਕੇ ਭਟਕਣਾ ਵਿਚ ਪੈ ਕੇ ਕੁਰਾਹੇ ਪਿਆ ਰਹਿੰਦਾ ਹੈ, ਹਉਮੈ ਦੇ ਕਾਰਨ ਹੀ ਜੀਵ ਦੁੱਖ ਪਾਂਦੇ ਹਨ । ਪਰ ਭਾਵੇਂ ਕਿਤਨੀ ਹੀ ਲਾਲਸਾ ਕਰਨ ਪ੍ਰਭੂ ਦੀ ਮਿਹਰ ਤੋਂ ਬਿਨਾ ਨਾਮ ਨਹੀਂ ਮਿਲਦਾ । (ਸੋ, ਇਸ ਮੋਹ ਵਿਚ ਹੀ) ਜਗਤ ਜੰਮਦਾ ਹੈ ਮਰਦਾ ਹੈ ਜੰਮਦਾ ਹੈ ਮਰਦਾ ਹੈ । (ਇਸ ਗੇੜ ਵਿਚੋਂ) ਜੀਵ ਗੁਰੂ ਦੇ ਸ਼ਬਦ ਦੀ ਰਾਹੀਂ ਹੀ ਬਚ ਸਕਦੇ ਹਨ ।

ਪਰ ਇਹ ਸਾਰੀ ਖੇਡ ਪ੍ਰਭੂ ਆਪ ਕਰ ਰਿਹਾ ਹੈ, ਕਿਸੇ ਹੋਰ ਪਾਸ ਪੁਕਾਰ ਨਹੀਂ ਕੀਤੀ ਜਾ ਸਕਦੀ, ਕਿਉਂਕਿ ਪ੍ਰਭੂ ਤੋਂ ਬਿਨਾ ਹੋਰ ਹੈ ਹੀ ਕੋਈ ਨਹੀਂ ।੧੬।

ਸਲੋਕੁ ਮਃ ੩ ॥ ਇਸੁ ਜਗ ਮਹਿ ਸੰਤੀ ਧਨੁ ਖਟਿਆ ਜਿਨਾ ਸਤਿਗੁਰੁ ਮਿਲਿਆ ਪ੍ਰਭੁ ਆਇ ॥ ਸਤਿਗੁਰਿ ਸਚੁ ਦ੍ਰਿੜਾਇਆ ਇਸੁ ਧਨ ਕੀ ਕੀਮਤਿ ਕਹੀ ਨ ਜਾਇ ॥ ਇਤੁ ਧਨਿ ਪਾਇਐ ਭੁਖ ਲਥੀ ਸੁਖੁ ਵਸਿਆ ਮਨਿ ਆਇ ॥ ਜਿੰਨ੍ਾ ਕਉ ਧੁਰਿ ਲਿਖਿਆ ਤਿਨੀ ਪਾਇਆ ਆਇ ॥ ਮਨਮੁਖੁ ਜਗਤੁ ਨਿਰਧਨੁ ਹੈ ਮਾਇਆ ਨੋ ਬਿਲਲਾਇ ॥ ਅਨਦਿਨੁ ਫਿਰਦਾ ਸਦਾ ਰਹੈ ਭੁਖ ਨ ਕਦੇ ਜਾਇ ॥ ਸਾਂਤਿ ਨ ਕਦੇ ਆਵਈ ਨਹ ਸੁਖੁ ਵਸੈ ਮਨਿ ਆਇ ॥ ਸਦਾ ਚਿੰਤ ਚਿਤਵਦਾ ਰਹੈ ਸਹਸਾ ਕਦੇ ਨ ਜਾਇ ॥ ਨਾਨਕ ਵਿਣੁ ਸਤਿਗੁਰ ਮਤਿ ਭਵੀ, ਸਤਿਗੁਰ ਨੋ ਮਿਲੈ ਤਾ ਸਬਦੁ ਕਮਾਇ ॥ ਸਦਾ ਸਦਾ ਸੁਖ ਮਹਿ ਰਹੈ ਸਚੇ ਮਾਹਿ ਸਮਾਇ ॥੧॥ {ਪੰਨਾ ੧੦੯੨}

ਪਦ ਅਰਥ :—ਸੰਤੀ—ਸੰਤਾਂ ਨੇ । ਸਤਿਗੁਰਿ—ਸਤਿਗੁਰ ਨੇ । ਦ੍ਰਿੜਾਇਆ—ਮਨ ਵਿਚ ਪੱਕਾ ਕਰ ਦਿੱਤਾ । ਇਤੁ—{'ਇਸੁ' ਤੋਂ ਅਧਿਕਰਣ ਕਾਰਕ, ਇਕ-ਵਚਨ} । ਧਨਿ—{'ਧਨ' ਤੋਂ ਅਧਿਕਰਣ ਕਾਰਕ, ਇਕ-ਵਚਨ} । ਪਾਇਐ—{'ਪਾਇਆ' ਤੋਂ ਅਧਿਕਾਰਣ ਕਾਰਕ, ਇਕ-ਵਚਨ} । ਇਤੁ ਧਨਿ ਪਾਇਐ—{ਇਸ ਸਾਰੇ 'ਵਾਕਾਂਸ਼' (ਪਹਰਉਸਇ) ਦਾ ਹਰੇਕ ਲਫ਼ਜ਼ ਅਧਿਕਰਣ ਕਾਰਕ ਵਿਚ ਹੈ, ਇਹ 'ਵਾਕਾਂਸ਼' ਆਪਣੇ ਆਪ ਵਿਚ ਮੁਕੰਮਲ ਹੈ, ਭਾਵ, ਵਿਆਕਰਣ-ਅਨੁਸਾਰ ਇਸ ਨੂੰ ਕਿਸੇ ਹੋਰ ਲਫ਼ਜ਼ ਦੀ ਮੁਥਾਜੀ ਨਹੀਂ, ਸੋ, ਅੰਗਰੇਜ਼ੀ ਵਿਚ ਇਸ ਨੂੰ ਲ਼ੋਚਓਟਵਿਏ ਅਬਸੋਲੁਟਏ ਆਖਦੇ ਹਨ, ਪੰਜਾਬੀ ਵਿਆਕਰਣ ਵਿਚ ਇਸ ਨੂੰ ਅਸੀ 'ਪੂਰਬ ਪੂਰਣ ਕਾਰਦੰਤਕ' ਆਖਾਂਗੇ} ਇਹ ਧਨ ਹਾਸਲ ਕੀਤਿਆਂ । ਚਿੰਤ ਚਿਤਵਦਾ—ਸੋਚਾਂ ਸੋਚਦਾ । ਸਹਸਾ—ਤੌਖ਼ਲਾ ।

ਅਰਥ :—ਇਸ ਜਗਤ ਵਿਚ ਸੰਤਾਂ ਨੇ (ਹੀ) ਨਾਮ-ਧਨ ਕਮਾਇਆ ਹੈ ਜਿਨ੍ਹਾਂ ਨੂੰ ਗੁਰੂ ਮਿਲਿਆ ਹੈ (ਤੇ ਗੁਰੂ ਦੀ ਰਾਹੀਂ) ਪ੍ਰਭੂ ਮਿਲਿਆ ਹੈ, (ਕਿਉਂਕਿ) ਗੁਰੂ ਨੇ ਉਹਨਾਂ ਦੇ ਮਨ ਵਿਚ ਸਿਮਰਨ ਪੱਕਾ ਕਰ ਦਿੱਤਾ ਹੈ (ਭਾਵ, ਸਿਮਰਨ ਦੀ ਪੱਕੀ ਗੰਢ ਬੰਨ੍ਹ ਦਿੱਤੀ ਹੈ) । ਇਹ ਨਾਮ-ਧਨ ਇਤਨਾ ਅਮੋਲਕ ਹੈ ਕਿ ਇਸ ਦਾ ਮੁੱਲ ਨਹੀਂ ਪੈ ਸਕਦਾ । ਜੇ ਇਹ ਨਾਮ-ਧਨ ਮਿਲ ਜਾਏ ਤਾਂ (ਮਾਇਆ ਦੀ) ਭੁੱਖ ਲਹਿ ਜਾਂਦੀ ਹੈ, ਮਨ ਵਿਚ ਸੁਖ ਆ ਵਸਦਾ ਹੈ, ਪਰ ਮਿਲਦਾ ਉਹਨਾਂ ਨੂੰ ਹੈ ਜਿਨ੍ਹਾਂ ਦੇ ਭਾਗਾਂ ਵਿਚ ਧੁਰ ਦਰਗਾਹੋਂ ਲਿਖਿਆ ਹੋਵੇ (ਭਾਵ, ਜਿਨ੍ਹਾਂ ਉੱਤੇ ਮੇਹਰ ਹੋਵੇ) ।

ਮਨ ਦੇ ਪਿੱਛੇ ਤੁਰਨ ਵਾਲਾ ਜਗਤ ਸਦਾ ਕੰਗਾਲ ਹੈ ਮਾਇਆ ਲਈ ਹੀ ਵਿਲਕਦਾ ਹੈ, ਹਰ ਰੋਜ਼ ਸਦਾ ਭਟਕਦਾ ਫਿਰਦਾ ਹੈ, ਇਸ ਦੀ (ਮਾਇਆ ਵਾਲੀ) ਭੁੱਖ ਮਿਟਦੀ ਨਹੀਂ, ਕਦੇ ਇਸ ਦੇ ਅੰਦਰ ਠੰਢ ਨਹੀਂ ਪੈਂਦੀ, ਕਦੇ ਇਸ ਦੇ ਮਨ ਵਿਚ ਸੁਖ ਨਹੀਂ ਹੁੰਦਾ, ਕਦੇ ਇਸ ਦਾ ਤੌਖ਼ਲਾ ਦੂਰ ਨਹੀਂ ਹੁੰਦਾ, ਸਦਾ ਸੋਚਾਂ ਸੋਚਦਾ ਰਹਿੰਦਾ ਹੈ; ਹੇ ਨਾਨਕ! ਗੁਰੂ ਤੋਂ ਵਾਂਜੇ ਰਹਿਣ ਕਰਕੇ ਇਸ ਦੀ ਬੁੱਧੀ ਨੂੰ ਚੱਕ੍ਰ ਆਇਆ ਹੋਇਆ ਹੈ ।

ਜੇ ਮਨਮੁਖ ਭੀ ਗੁਰੂ ਨੂੰ ਮਿਲ ਪਏ ਤਾਂ ਸ਼ਬਦ ਦੀ ਕਮਾਈ ਕਰਦਾ ਹੈ, (ਸ਼ਬਦ ਦੀ ਬਰਕਤਿ ਨਾਲ) ਫਿਰ ਸਦਾ ਹੀ ਸੁਖ ਟਿਕਿਆ ਰਹਿੰਦਾ ਹੈ, ਪ੍ਰਭੂ ਵਿਚ ਜੁੜਿਆ ਰਹਿੰਦਾ ਹੈ ।੧।

ਮਃ ੩ ॥ ਜਿਨਿ ਉਪਾਈ ਮੇਦਨੀ ਸੋਈ ਸਾਰ ਕਰੇਇ ॥ ਏਕੋ ਸਿਮਰਹੁ ਭਾਇਰਹੁ ਤਿਸੁ ਬਿਨੁ ਅਵਰੁ ਨ ਕੋਇ ॥ ਖਾਣਾ ਸਬਦੁ ਚੰਗਿਆਈਆ ਜਿਤੁ ਖਾਧੈ ਸਦਾ ਤ੍ਰਿਪਤਿ ਹੋਇ ॥ ਪੈਨਣੁ ਸਿਫਤਿ ਸਨਾਇ ਹੈ ਸਦਾ ਸਦਾ ਓਹੁ ਊਜਲਾ ਮੈਲਾ ਕਦੇ ਨ ਹੋਇ ॥ ਸਹਜੇ ਸਚੁ ਧਨੁ ਖਟਿਆ ਥੋੜਾ ਕਦੇ ਨ ਹੋਇ ॥ ਦੇਹੀ ਨੋ ਸਬਦੁ ਸੀਗਾਰੁ ਹੈ ਜਿਤੁ ਸਦਾ ਸਦਾ ਸੁਖੁ ਹੋਇ ॥ ਨਾਨਕ ਗੁਰਮੁਖਿ ਬੁਝੀਐ ਜਿਸ ਨੋ ਆਪਿ ਵਿਖਾਲੇ ਸੋਇ ॥੨॥ {ਪੰਨਾ ੧੦੯੨}

ਪਦ ਅਰਥ :—ਮੇਦਨੀ—ਧਰਤੀ, ਸ੍ਰਿਸ਼ਟੀ । ਸਾਰ—ਸੰਭਾਲ । ਭਾਇਰਹੁ—ਹੇ ਭਰਾਵੋ! ਜਿਤੁ—ਜਿਸ ਦੀ ਰਾਹੀਂ । ਜਿਤੁ ਖਾਧੈ—ਜਿਸ ਦੇ ਖਾਣ ਨਾਲ । ਤ੍ਰਿਪਤਿ—ਸੰਤੋਖ । ਸਨਾਇ—{ਅਰਬੀ, Ôਨਾ} ਵਡਿਆਈ । ਦੇਹੀ—ਸਰੀਰ ।

ਅਰਥ :—ਜਿਸ ਪਰਮਾਤਮਾ ਨੇ ਸ੍ਰਿਸ਼ਟੀ ਪੈਦਾ ਕੀਤੀ ਹੈ ਉਹੀ ਇਸ ਦੀ ਸੰਭਾਲ ਕਰਦਾ ਹੈ, ਹੇ ਭਰਾਵੋ! ਉਸ ਇਕ ਨੂੰ ਸਿਮਰੋ, ਉਸ ਤੋਂ ਬਿਨਾ ਹੋਰ ਕੋਈ (ਸੰਭਾਲ ਕਰਨ ਵਾਲਾ) ਨਹੀਂ ਹੈ । (ਹੇ ਭਰਾਵੋ!) ਪ੍ਰਭੂ ਦੇ ਗੁਣਾਂ ਨੂੰ ਗੁਰੂ ਦੇ ਸ਼ਬਦ ਨੂੰ ਭੋਜਨ ਬਣਾਓ (ਭਾਵ, ਜੀਵਨ ਦਾ ਆਸਰਾ ਬਣਾਓ), ਇਹ ਭੋਜਨ ਖਾਧਿਆਂ ਸਦਾ ਰੱਜੇ ਰਹੀਦਾ ਹੈ (ਮਨ ਵਿਚ ਸਦਾ ਸੰਤੋਖ ਰਹਿੰਦਾ ਹੈ); ਪ੍ਰਭੂ ਦੀ ਸਿਫ਼ਤਿ-ਸਾਲਾਹ ਨੂੰ ਵਡਿਆਈਆਂ ਨੂੰ (ਆਪਣਾ) ਪੁਸ਼ਾਕਾ ਬਣਾਓ, ਉਹ ਪੁਸ਼ਾਕਾ ਸਦਾ ਸਾਫ਼ ਰਹਿੰਦਾ ਹੈ ਤੇ ਕਦੇ ਮੈਲਾ ਨਹੀਂ ਹੁੰਦਾ ।

ਆਤਮਕ ਅਡੋਲਤਾ ਵਿਚ (ਰਹਿ ਕੇ) ਖੱਟਿਆ ਹੋਇਆ ਨਾਮ-ਧਨ ਕਦੇ ਘਟਦਾ ਨਹੀਂ । ਮਨੁੱਖਾ ਸਰੀਰ ਲਈ ਗੁਰੂ ਦਾ ਸ਼ਬਦ (ਮਾਨੋ) ਗਹਣਾ ਹੈ, ਇਸ (ਗਹਣੇ ਦੀ ਬਰਕਤਿ) ਨਾਲ ਸਦਾ ਹੀ ਸੁਖ ਮਿਲਦਾ ਹੈ । ਹੇ ਨਾਨਕ! ਜਿਸ ਮਨੁੱਖ ਨੂੰ ਪ੍ਰਭੂ ਆਪ ਸੋਝੀ ਪਾਏ ਉਹ ਗੁਰੂ ਦੀ ਰਾਹੀਂ ਇਹ (ਜੀਵਨ-ਭੇਤ) ਸਮਝਦਾ ਹੈ ।੨।

ਪਉੜੀ ॥ ਅੰਤਰਿ ਜਪੁ ਤਪੁ ਸੰਜਮੋ ਗੁਰ ਸਬਦੀ ਜਾਪੈ ॥ ਹਰਿ ਹਰਿ ਨਾਮੁ ਧਿਆਈਐ ਹਉਮੈ ਅਗਿਆਨੁ ਗਵਾਪੈ ॥ ਅੰਦਰੁ ਅੰਮ੍ਰਿਤਿ ਭਰਪੂਰੁ ਹੈ ਚਾਖਿਆ ਸਾਦੁ ਜਾਪੈ ॥ ਜਿਨ ਚਾਖਿਆ ਸੇ ਨਿਰਭਉ ਭਏ ਸੇ ਹਰਿ ਰਸਿ ਧ੍ਰਾਪੈ ॥ ਹਰਿ ਕਿਰਪਾ ਧਾਰਿ ਪੀਆਇਆ ਫਿਰਿ ਕਾਲੁ ਨ ਵਿਆਪੈ ॥੧੭॥ {ਪੰਨਾ ੧੦੯੨}

ਪਦ ਅਰਥ :—ਅੰਤਰਿ—ਅੰਦਰ ਵਲ ਪਰਤਣਾ, ਮਨ ਦੇ ਅੰਦਰ ਹੀ ਟਿਕਣਾ । ਸੰਜਮੋ—ਇੰਦ੍ਰਿਆਂ ਤੇ ਮਨ ਨੂੰ ਰੋਕਣ ਦਾ ਉੱਦਮ । ਅੰਦਰੁ—ਅੰਦਰਲਾ, ਹਿਰਦਾ । ਅੰਮ੍ਰਿਤਿ—ਆਤਮਕ ਜੀਵਨ ਦੇਣ ਵਾਲੇ ਨਾਮ-ਜਲ ਨਾਲ । ਧ੍ਰਾਪੈ—ਰੱਜ ਜਾਂਦੇ ਹਨ । ਵਿਆਪੈ—ਦਬਾ ਪਾਂਦਾ ਹੈ ।

ਅਰਥ :—('ਦੂਜੇ ਭਰਮ' ਵਲੋਂ ਹਟ ਕੇ) ਮਨ ਦੇ ਅੰਦਰ ਹੀ ਟਿਕਣਾ—ਇਹੀ ਜਪ ਹੈ ਇਹੀ ਤਪ ਹੈ ਇਹੀ ਇੰਦ੍ਰਿਆਂ ਨੂੰ ਵਿਕਾਰਾਂ ਵਲੋਂ ਰੋਕਣ ਦਾ ਸਾਧਨ ਹੈ; ਪਰ ਇਹ ਸਮਝ ਸਤਿਗੁਰੂ ਦੇ ਸ਼ਬਦ ਦੀ ਰਾਹੀਂ ਆਉਂਦੀ ਹੈ; ਜੇ ('ਦੂਜੇ ਭਰਮ' ਨੂੰ ਛੱਡ ਕੇ) ਪ੍ਰਭੂ ਦਾ ਨਾਮ ਸਿਮਰੀਏ ਤਾਂ ਹਉਮੈ ਤੇ ਆਤਮਕ ਜੀਵਨ ਵਲੋਂ ਬੇ-ਸਮਝੀ ਦੂਰ ਹੋ ਜਾਂਦੀ ਹੈ ।

(ਉਂਵ ਤਾਂ ਸਦਾ ਹੀ) ਹਿਰਦਾ ਨਾਮ-ਅੰਮ੍ਰਿਤ ਨਾਲ ਨਕਾ-ਨਕ ਭਰਿਆ ਹੋਇਆ ਹੈ (ਭਾਵ, ਪਰਮਾਤਮਾ ਅੰਦਰ ਹੀ ਰੋਮ ਰੋਮ ਵਿਚ ਵੱਸਦਾ ਹੈ), (ਗੁਰ-ਸ਼ਬਦ ਦੀ ਰਾਹੀਂ ਨਾਮ-ਰਸ) ਚੱਖਿਆਂ ਸੁਆਦ ਆਉਂਦਾ ਹੈ । ਜਿਨ੍ਹਾਂ ਨੇ ਇਹ ਨਾਮ-ਰਸ ਚੱਖਿਆ ਹੈ ਉਹ ਨਿਰਭਉ (ਪ੍ਰਭੂ ਦਾ ਰੂਪ) ਹੋ ਜਾਂਦੇ ਹਨ, ਉਹ ਨਾਮ ਦੇ ਰਸ ਨਾਲ ਰੱਜ ਜਾਂਦੇ ਹਨ । ਜਿਨ੍ਹਾਂ ਨੂੰ ਪ੍ਰਭੂ ਨੇ ਮਿਹਰ ਕਰ ਕੇ ਇਹ ਰਸ ਪਿਲਾਇਆ ਹੈ ਉਹਨਾਂ ਨੂੰ ਮੁੜ ਮੌਤ ਦਾ ਡਰ ਦਬਾ ਨਹੀਂ ਸਕਦਾ (ਆਤਮਕ ਮੌਤ ਉਹਨਾਂ ਦੇ ਨੇੜੇ ਨਹੀਂ ਆਉਂਦੀ) ।੧੭।

ਸਲੋਕੁ ਮਃ ੩ ॥ ਲੋਕੁ ਅਵਗਣਾ ਕੀ ਬੰਨੈ ਗੰਠੜੀ ਗੁਣ ਨ ਵਿਹਾਝੈ ਕੋਇ ॥ ਗੁਣ ਕਾ ਗਾਹਕੁ ਨਾਨਕਾ ਵਿਰਲਾ ਕੋਈ ਹੋਇ ॥ ਗੁਰ ਪਰਸਾਦੀ ਗੁਣ ਪਾਈਅਨ੍ਹਿ ਜਿਸ ਨੋ ਨਦਰਿ ਕਰੇਇ ॥੧॥ {ਪੰਨਾ ੧੦੯੨}

ਅਰਥ :—ਜਗਤ ਔਗੁਣਾਂ ਦੀ ਪੋਟਲੀ ਬੰਨ੍ਹੀ ਜਾ ਰਿਹਾ ਹੈ, ਕੋਈ ਬੰਦਾ ਗੁਣਾਂ ਦਾ ਸੌਦਾ ਨਹੀਂ ਕਰਦਾ । ਹੇ ਨਾਨਕ! ਗੁਣ ਖ਼ਰੀਦਣ ਵਾਲਾ ਕੋਈ ਵਿਰਲਾ ਹੀ ਹੁੰਦਾ ਹੈ । ਗੁਰੂ ਦੀ ਕਿਰਪਾ ਨਾਲ ਹੀ ਗੁਣ ਮਿਲਦੇ ਹਨ, (ਪਰ ਮਿਲਦੇ ਉਸ ਨੂੰ ਹਨ) ਜਿਸ ਉਤੇ ਪ੍ਰਭੂ ਮਿਹਰ ਦੀ ਨਜ਼ਰ ਕਰਦਾ ਹੈ ।੧।

ਮਃ ੩ ॥ ਗੁਣ ਅਵਗੁਣ ਸਮਾਨਿ ਹਹਿ ਜਿ ਆਪਿ ਕੀਤੇ ਕਰਤਾਰਿ ॥ ਨਾਨਕ ਹੁਕਮਿ ਮੰਨਿਐ ਸੁਖੁ ਪਾਈਐ ਗੁਰ ਸਬਦੀ ਵੀਚਾਰਿ ॥੨॥ {ਪੰਨਾ ੧੦੯੨}

ਅਰਥ :—ਹੇ ਨਾਨਕ! ਗੁਰੂ ਦੇ ਸ਼ਬਦ ਦੀ ਰਾਹੀਂ ਵਿਚਾਰਵਾਨ ਹੋ ਕੇ ਪ੍ਰਭੂ ਦਾ ਹੁਕਮ ਮੰਨਿਆਂ ਸੁਖ ਮਿਲਦਾ ਹੈ, (ਜਿਸ ਨੇ ਹੁਕਮ ਮੰਨਿਆ ਹੈ ਉਸ ਨੂੰ ਲੋਕਾਂ ਵਲੋਂ ਕੀਤੇ) ਗੁਣ ਤੇ ਔਗੁਣ (ਭਾਵ, ਨੇਕੀ ਤੇ ਬਦੀ ਦਾ ਸਲੂਕ) ਇਕੋ ਜਿਹੇ ਜਾਪਦੇ ਹਨ (ਕਿਉਂਕਿ 'ਹੁਕਮ' ਵਿਚ ਤੁਰਨ ਦੇ ਕਾਰਨ ਸਮਝਦਾ ਹੈ ਕਿ) ਇਹ (ਗੁਣ ਤੇ ਔਗੁਣ) ਕਰਤਾਰ ਨੇ ਆਪ ਪੈਦਾ ਕੀਤੇ ਹਨ ।੨।

ਪਉੜੀ ॥ ਅੰਦਰਿ ਰਾਜਾ ਤਖਤੁ ਹੈ ਆਪੇ ਕਰੇ ਨਿਆਉ ॥ ਗੁਰ ਸਬਦੀ ਦਰੁ ਜਾਣੀਐ ਅੰਦਰਿ ਮਹਲੁ ਅਸਰਾਉ ॥ ਖਰੇ ਪਰਖਿ ਖਜਾਨੈ ਪਾਈਅਨਿ ਖੋਟਿਆ ਨਾਹੀ ਥਾਉ ॥ ਸਭੁ ਸਚੋ ਸਚੁ ਵਰਤਦਾ ਸਦਾ ਸਚੁ ਨਿਆਉ ॥ ਅੰਮ੍ਰਿਤ ਕਾ ਰਸੁ ਆਇਆ ਮਨਿ ਵਸਿਆ ਨਾਉ ॥੧੮॥ {ਪੰਨਾ ੧੦੯੨}

ਅਰਥ :—(ਜੀਵ ਦੇ) ਅੰਦਰ ਹੀ (ਜੀਆਂ ਦਾ) ਮਾਲਕ (ਬੈਠਾ) ਹੈ, (ਜੀਵ ਦੇ) ਅੰਦਰ ਹੀ (ਉਸ ਦਾ) ਤਖ਼ਤ ਹੈ, ਉਹ ਆਪ ਹੀ (ਅੰਦਰ ਬੈਠਾ ਹੋਇਆ, ਜੀਵ ਦੇ ਕੀਤੇ ਕਰਮਾਂ ਦਾ) ਨਿਆਂ ਕਰੀ ਜਾਂਦਾ ਹੈ; (ਜੀਵ ਦੇ) ਅੰਦਰ ਹੀ (ਉਸ ਦਾ) ਮਹਲ ਹੈ, (ਜੀਵ ਦੇ) ਅੰਦਰ ਹੀ (ਬੈਠਾ ਜੀਵ ਨੂੰ) ਆਸਰਾ (ਦੇਈ ਜਾ ਰਿਹਾ) ਹੈ, ਪਰ ਉਸ ਦੇ ਮਹਲ ਦਾ ਬੂਹਾ ਗੁਰੂ ਦੇ ਸ਼ਬਦ ਦੀ ਰਾਹੀਂ ਲੱਭਦਾ ਹੈ ।

(ਜੀਵ ਦੇ ਅੰਦਰ ਹੀ ਬੈਠੇ ਹੋਏ ਦੀ ਹਜ਼ੂਰੀ ਵਿਚ) ਖਰੇ ਜੀਵ ਪਰਖ ਕੇ ਖ਼ਜ਼ਾਨੇ ਵਿਚ ਰੱਖੇ ਜਾਂਦੇ ਹਨ (ਭਾਵ, ਅੰਦਰ ਬੈਠਾ ਹੋਇਆ ਹੀ ਖਰੇ ਜੀਵਾਂ ਦੀ ਆਪ ਸੰਭਾਲ ਕਰੀ ਜਾਂਦਾ ਹੈ), ਖੋਟਿਆਂ ਨੂੰ ਥਾਂ ਨਹੀਂ ਮਿਲਦੀ । ਉਹ ਸਦਾ-ਥਿਰ ਰਹਿਣ ਵਾਲਾ ਪ੍ਰਭੂ ਹਰ ਥਾਂ ਮੌਜੂਦ ਹੈ, ਉਸ ਦਾ ਨਿਆਂ ਸਦਾ ਅਟੱਲ ਹੈ; ਉਨ੍ਹਾਂ ਨੂੰ ਉਸ ਦੇ ਨਾਮ-ਅੰਮ੍ਰਿਤ ਦਾ ਸੁਆਦ ਆਉਂਦਾ ਹੈ ਜਿਨ੍ਹਾਂ ਦੇ ਮਨ ਵਿਚ ਨਾਮ ਵੱਸਦਾ ਹੈ ।੧੮।

ਸਲੋਕ ਮਃ ੧ ॥ ਹਉਮੈ ਕਰੀ ਤਾਂ ਤੂ ਨਾਹੀ ਤੂ ਹੋਵਹਿ ਹਉ ਨਾਹਿ ॥ ਬੂਝਹੁ ਗਿਆਨੀ ਬੂਝਣਾ ਏਹ ਅਕਥ ਕਥਾ ਮਨ ਮਾਹਿ ॥ ਬਿਨੁ ਗੁਰ ਤਤੁ ਨ ਪਾਈਐ ਅਲਖੁ ਵਸੈ ਸਭ ਮਾਹਿ ॥ ਸਤਿਗੁਰੁ ਮਿਲੈ ਤ ਜਾਣੀਐ ਜਾਂ ਸਬਦੁ ਵਸੈ ਮਨ ਮਾਹਿ ॥ ਆਪੁ ਗਇਆ ਭ੍ਰਮੁ ਭਉ ਗਇਆ ਜਨਮ ਮਰਨ ਦੁਖ ਜਾਹਿ ॥ ਗੁਰਮਤਿ ਅਲਖੁ ਲਖਾਈਐ ਊਤਮ ਮਤਿ ਤਰਾਹਿ ॥ ਨਾਨਕ ਸੋਹੰ ਹੰਸਾ ਜਪੁ ਜਾਪਹੁ ਤ੍ਰਿਭਵਣ ਤਿਸੈ ਸਮਾਹਿ ॥੧॥ {ਪੰਨਾ ੧੦੯੩}

ਪਦ ਅਰਥ :—ਗਿਆਨੀ—ਹੇ ਗਿਆਨਵਾਨ! ਬੂਝਣਾ—ਬੁਝਾਰਤ, ਡੂੰਘੀ ਗੱਲ । ਅਕਥ ਕਥਾ—ਉਸ ਪ੍ਰਭੂ ਦੀ ਗੱਲ ਜਿਸ ਦਾ ਸਰੂਪ ਦੱਸਿਆ ਨਹੀਂ ਜਾ ਸਕਦਾ । ਅਲਖੁ—ਜਿਸ ਦਾ ਕੋਈ ਖ਼ਾਸ ਨਿਸ਼ਾਨ ਨਹੀਂ ਦਿੱਸਦਾ । ਆਪੁ—ਆਪਾ-ਭਾਵ, ਹਉਮੈ । ਭ੍ਰਮੁ—ਭਟਕਣਾ । ਜਨਮ ਮਰਨ ਦੁਖ—ਜੰਮਣ ਤੋਂ ਲੈ ਕੇ ਮੌਤ ਤਕ ਦੇ ਸਾਰੇ ਦੁੱਖ, ਸਾਰੀ ਉਮਰ ਦੇ ਦੁੱਖ । ਊਤਮ ਮਤਿ—ਉੱਜਲ ਬੁੱਧ ਵਾਲੇ । ਸੋਹੰ—(ਸੋਸਹ^) ਉਹ ਮੈਂ ਹਾਂ । ਹੰਸਾ—(ਅਹਜ਼ ਸ:) ਮੈਂ ਉਹ ਹਾਂ । ਸੋਹੰ ਹੰਸਾ ਜਪੁ—ਉਹ ਜਪ ਜਿਸ ਨਾਲ 'ਉਹ ਮੈਂ' ਤੇ 'ਮੈਂ ਉਹ' ਹੋ ਜਾਏ, ਉਹ ਸਿਮਰਨ ਜਿਸ ਨਾਲ ਜੀਵ ਤੇ ਪ੍ਰਭੂ ਇਕ-ਰੂਪ ਹੋ ਜਾਣ ।

ਅਰਥ :—ਹੇ ਪ੍ਰਭੂ! ਜਦੋਂ ਮੈਂ 'ਹਉਂ, ਹਉਂ' ਕਰਦਾ ਹਾਂ ਤਦੋਂ ਤੂੰ (ਮੇਰੇ ਅੰਦਰ ਪਰਗਟ) ਨਹੀਂ ਹੁੰਦਾ, ਪਰ ਜਦੋਂ ਤੂੰ ਆ ਵੱਸਦਾ ਹੈਂ ਮੇਰੀ 'ਹਉਂ' ਮੁਕ ਜਾਂਦੀ ਹੈ ।

ਹੇ ਗਿਆਨਵਾਨ! ਅਕੱਥ ਪ੍ਰਭੂ ਦੀ ਇਹ ਡੂੰਘੀ ਰਾਜ਼ ਵਾਲੀ ਗੱਲ ਆਪਣੇ ਮਨ ਵਿਚ ਸਮਝ । ਅਲੱਖ ਪ੍ਰਭੂ ਵੱਸਦਾ ਤਾਂ ਸਭ ਦੇ ਅੰਦਰ ਹੈ, ਪਰ ਇਹ ਅਸਲੀਅਤ ਗੁਰੂ ਤੋਂ ਬਿਨਾ ਨਹੀਂ ਲੱਭਦੀ, ਜਦੋਂ ਗੁਰੂ ਮਿਲ ਪਏ ਜਦੋਂ ਗੁਰੂ ਦਾ ਸ਼ਬਦ ਮਨ ਵਿਚ ਆ ਵੱਸੇ ਤਾਂ ਇਹ ਸਮਝ ਪੈਂਦੀ ਹੈ ।

ਜਿਸ ਮਨੁੱਖ ਦੀ 'ਹਉਂ' ਦੂਰ ਹੋ ਜਾਂਦੀ ਹੈ, (ਮਾਇਆ ਦੀ ਖ਼ਾਤਰ) ਭਟਕਣਾ ਮਿਟ ਜਾਂਦੀ ਹੈ (ਮੌਤ ਆਦਿਕ ਦਾ) ਡਰ ਮੁੱਕ ਜਾਂਦਾ ਹੈ, ਉਸ ਦੇ ਸਾਰੀ ਉਮਰ ਦੇ ਦੁੱਖ ਨਾਸ ਹੋ ਜਾਂਦੇ ਹਨ (ਕਿਉਂਕਿ ਜੀਵਨ ਵਿਚ ਦੁੱਖ ਹੁੰਦੇ ਹੀ ਇਹੀ ਹਨ); ਜਿਨ੍ਹਾਂ ਨੂੰ ਗੁਰੂ ਦੀ ਮਤਿ ਲਿਆਂ ਰੱਬ ਦਿੱਸ ਪੈਂਦਾ ਹੈ, ਜਿਨ੍ਹਾਂ ਦੀ ਬੁੱਧ ਉੱਜਲ ਹੋ ਜਾਂਦੀ ਹੈ ਉਹ (ਇਹਨਾਂ ਦੁੱਖਾਂ ਦੇ ਸਮੁੰਦਰ ਤੋਂ) ਤਰ ਜਾਂਦੇ ਹਨ ।

(ਸੋ,) ਹੇ ਨਾਨਕ! (ਤੂੰ ਭੀ) ਸਿਮਰਨ ਕਰ ਜਿਸ ਨਾਲ ਤੇਰੀ ਆਤਮਾ ਪ੍ਰਭੂ ਨਾਲ ਇਕ-ਰੂਪ ਹੋ ਜਾਏ, (ਵੇਖ!) ਤ੍ਰਿਲੋਕੀ ਦੇ ਹੀ ਜੀਵ ਉਸੇ ਵਿਚ ਟਿਕੇ ਹੋਏ ਹਨ (ਉਸੇ ਦੇ ਆਸਰੇ ਹਨ) ।੧।

ਮਃ ੩ ॥ ਮਨੁ ਮਾਣਕੁ ਜਿਨਿ ਪਰਖਿਆ ਗੁਰ ਸਬਦੀ ਵੀਚਾਰਿ ॥ ਸੇ ਜਨ ਵਿਰਲੇ ਜਾਣੀਅਹਿ ਕਲਜੁਗ ਵਿਚਿ ਸੰਸਾਰਿ ॥ ਆਪੈ ਨੋ ਆਪੁ ਮਿਲਿ ਰਹਿਆ ਹਉਮੈ ਦੁਬਿਧਾ ਮਾਰਿ ॥ ਨਾਨਕ ਨਾਮਿ ਰਤੇ ਦੁਤਰੁ ਤਰੇ ਭਉਜਲੁ ਬਿਖਮੁ ਸੰਸਾਰੁ ॥੨॥ {ਪੰਨਾ ੧੦੯੩}

ਪਦ ਅਰਥ :—ਮਾਣਕੁ—ਸੁੱਚਾ ਮੋਤੀ । ਜਿਨਿ—ਜਿਸ ਨੇ । ਸੰਸਾਰਿ—ਸੰਸਾਰ ਵਿਚ । ਜੁਗ—ਸਮਾ, ਪਹਿਰਾ । ਕਲ—ਕਲੇਸ਼, ਝਗੜੇ, ਵਿਕਾਰ । ਕਲਜੁਗ—ਜਿਥੇ ਵਿਕਾਰਾਂ ਦਾ ਪਹਿਰਾ ਹੈ । ਦੁਬਿਧਾ—ਦੁਚਿੱਤਾ-ਪਨ, ਮੇਰ-ਤੇਰ । ਦੁਤਰੁ—ਜਿਸ ਨੂੰ ਤਰਨਾ ਔਖਾ ਹੈ । ਭਉਜਲੁ—ਸੰਸਾਰ-ਸਮੁੰਦਰ । ਬਿਖਮੁ—ਔਖਾ, ਡਰਾਉਣਾ ।

ਅਰਥ :—ਇਹ ਮਨ ਸੁੱਚਾ ਮੋਤੀ ਹੈ, ਜਿਸ ਮਨੁੱਖ ਨੇ ਗੁਰੂ ਦੇ ਸ਼ਬਦ ਦੀ ਰਾਹੀਂ ਵਿਚਾਰ ਕਰ ਕੇ (ਇਸ ਸੁੱਚੇ ਮੋਤੀ ਨੂੰ) ਪਰਖ ਲਿਆ ਹੈ, ਉਸ ਦਾ ਆਪਾ ਹਉਮੈ ਤੇ ਮੇਰ-ਤੇਰ ਨੂੰ ਮਾਰ ਕੇ 'ਆਪੇ' ਨਾਲ ਮਿਲਿਆ ਰਹਿੰਦਾ ਹੈ । ਪਰ ਇਸ ਸੰਸਾਰ ਵਿਚ ਜਿੱਥੇ ਵਿਕਾਰਾਂ ਦਾ ਪਹਿਰਾ ਹੈ ਅਜੇਹੇ ਬੰਦੇ ਬੜੇ ਘੱਟ ਵੇਖੀਦੇ ਹਨ ।

ਹੇ ਨਾਨਕ! ਜੋ ਮਨੁੱਖ ਪ੍ਰਭੂ ਦੇ ਨਾਮ ਵਿਚ ਰੰਗੇ ਜਾਂਦੇ ਹਨ ਉਹ ਇਸ ਡਰਾਉਣੇ ਸੰਸਾਰ-ਸਮੁੰਦਰ ਤੋਂ ਲੰਘ ਜਾਂਦੇ ਹਨ ਜਿਸ ਨੂੰ ਤਰਨਾ ਬੜਾ ਔਖਾ ਹੈ ।੨।

ਪਉੜੀ ॥ ਮਨਮੁਖ ਅੰਦਰੁ ਨ ਭਾਲਨੀ ਮੁਠੇ ਅਹੰਮਤੇ ॥ ਚਾਰੇ ਕੁੰਡਾਂ ਭਵਿ ਥਕੇ ਅੰਦਰਿ ਤਿਖ ਤਤੇ ॥ ਸਿੰਮ੍ਰਿਤਿ ਸਾਸਤ ਨ ਸੋਧਨੀ ਮਨਮੁਖ ਵਿਗੁਤੇ ॥ ਬਿਨੁ ਗੁਰ ਕਿਨੈ ਨ ਪਾਇਓ ਹਰਿ ਨਾਮੁ ਹਰਿ ਸਤੇ ॥ ਤਤੁ ਗਿਆਨੁ ਵੀਚਾਰਿਆ ਹਰਿ ਜਪਿ ਹਰਿ ਗਤੇ ॥੧੯॥

ਪਦ ਅਰਥ :—ਅੰਦਰੁ—ਅੰਦਰਲਾ, ਭਾਵ, ਮਨ {ਦੂਜੀ ਤੁਕ ਦੇ ਲਫ਼ਜ਼ 'ਅੰਦਰਿ' ਤੇ ਇਸ ਲਫ਼ਜ਼ ਵਿਚ ਫ਼ਰਕ ਚੇਤੇ ਰੱਖਣ-ਯੋਗ ਹੈ} । ਅੰਦਰਿ—(ਮਨ) ਵਿਚ । ਅਹੰਮਤੇ—ਹਉਮੈ ਦੇ ਕਾਰਨ । ਤਿਖ—ਮਾਇਆ ਦੀ ਤ੍ਰਿਸ਼ਨਾ । ਤਤੇ—ਸੜੇ ਹੋਏ । ਵਿਗੁਤੇ—ਖ਼ੁਆਰ ਹੁੰਦੇ ਹਨ । ਸਤੇ—ਸਤਿ, ਸਦਾ ਰਹਿਣ ਵਾਲਾ । ਗਤੇ—ਗਤਿ ।

ਅਰਥ :—ਆਪਣੇ ਮਨ ਦੇ ਪਿੱਛੇ ਤੁਰਨ ਵਾਲੇ ਮਨੁੱਖ ਹਉਮੈ ਦੇ ਠੱਗੇ ਹੋਏ ਆਪਣਾ ਮਨ ਨਹੀਂ ਖੋਜਦੇ, ਅੰਦਰੋਂ ਤ੍ਰਿਸ਼ਨਾ ਨਾਲ ਸੜੇ ਹੋਏ (ਹੋਣ ਕਰਕੇ) (ਮਾਇਆ ਦੀ ਖ਼ਾਤਰ) ਚੌਹੀਂ ਪਾਸੀਂ ਭਟਕ ਭਟਕ ਕੇ ਥੱਕ ਜਾਂਦੇ ਹਨ; ਸਿੰਮ੍ਰਿਤੀਆਂ ਸ਼ਾਸਤ੍ਰਾਂ (ਭਾਵ, ਆਪਣੇ ਧਰਮ-ਪੁਸਤਕਾਂ) ਨੂੰ ਗਹੁ ਨਾਲ ਨਹੀਂ ਖੋਜਦੇ ਤੇ (ਧਰਮ-ਪੁਸਤਕਾਂ ਦੇ ਥਾਂ ਆਪਣੇ) ਮਨ ਦੇ ਪਿੱਛੇ ਤੁਰ ਕੇ ਖ਼ੁਆਰ ਹੁੰਦੇ ਹਨ ।

ਸਦਾ-ਥਿਰ ਰਹਿਣ ਪਰਮਾਤਮਾ ਦਾ ਨਾਮ ਗੁਰੂ ਦੀ ਸਰਨ ਆਉਣ ਤੋਂ ਬਿਨਾ ਕਿਸੇ ਨੇ ਭੀ ਨਹੀਂ ਲੱਭਾ । ਅਸਾਂ ਅਸਲ ਵਿਚਾਰ ਦੀ ਇਹ ਗੱਲ ਲੱਭੀ ਹੈ ਕਿ ਪਰਮਾਤਮਾ ਦਾ ਨਾਮ ਜਪਿਆਂ ਹੀ ਮਨੁੱਖ ਦੀ ਆਤਮਕ ਹਾਲਤ ਸੁਧਰਦੀ ਹੈ ।੧੯।

ਸਲੋਕ ਮਃ ੨ ॥ ਆਪੇ ਜਾਣੈ ਕਰੇ ਆਪਿ ਆਪੇ ਆਣੈ ਰਾਸਿ ॥ ਤਿਸੈ ਅਗੈ ਨਾਨਕਾ ਖਲਿਇ ਕੀਚੈ ਅਰਦਾਸਿ ॥੧॥ {ਪੰਨਾ ੧੦੯੩}

ਪਦ ਅਰਥ :—ਆਪੇ—ਆਪ ਹੀ । ਕਰੇ—ਪੈਦਾ ਕਰਦਾ ਹੈ । ਆਣੈ—ਲਿਆਉਂਦਾ ਹੈ । ਆਣੈ ਰਾਸਿ—ਰਾਸਿ ਲਿਆਉਂਦਾ ਹੈ, ਸਿਰੇ ਚਾੜ੍ਹਦਾ ਹੈ । ਤਿਸੈ—ਤਿਸ ਹੀ । ਖਲਿਇ—ਖਲੋ ਕੇ, ਧਿਆਨ ਨਾਲ, ਅਦਬ-ਸਰਧਾ ਨਾਲ ।

ਅਰਥ :— ਪ੍ਰਭੂ ਆਪ ਹੀ (ਜੀਵਾਂ ਦੇ ਦਿਲਾਂ ਦੀ) ਜਾਣਦਾ ਹੈ (ਕਿਉਂਕਿ) ਉਹ ਆਪ ਹੀ (ਇਹਨਾਂ ਨੂੰ) ਪੈਦਾ ਕਰਦਾ ਹੈ, ਆਪ ਹੀ (ਜੀਵਾਂ ਦੇ ਕਾਰਜ) ਸਿਰੇ ਚਾੜ੍ਹਦਾ ਹੈ; (ਇਸ ਲਈ) ਹੇ ਨਾਨਕ! ਉਸ ਪ੍ਰਭੂ ਅੱਗੇ ਹੀ ਅਦਬ ਸਰਧਾ ਨਾਲ ਅਰਜ਼ੋਈ ਕਰਨੀ ਚਾਹੀਦੀ ਹੈ ।੧।

ਮਃ ੧ ॥ ਜਿਨਿ ਕੀਆ ਤਿਨਿ ਦੇਖਿਆ ਆਪੇ ਜਾਣੈ ਸੋਇ ॥ ਕਿਸ ਨੋ ਕਹੀਐ ਨਾਨਕਾ ਜਾ ਘਰਿ ਵਰਤੈ ਸਭੁ ਕੋਇ ॥੨॥ {ਪੰਨਾ ੧੦੯੩}

ਪਦ ਅਰਥ :—ਜਿਨਿ—ਜਿਸ ਪ੍ਰਭੂ ਨੇ । ਕੀਆ—ਜਗਤ ਪੈਦਾ ਕੀਤਾ ਹੈ । ਤਿਨਿ—ਉਸ ਪ੍ਰਭੂ ਨੇ । ਦੇਖਿਆ—ਇਸ ਜਗਤ ਦੀ ਸੰਭਾਲ ਕੀਤੀ ਹੈ । ਕਿਸ ਨੋ—ਉਸ ਪ੍ਰਭੂ ਤੋਂ ਬਿਨਾ ਹੋਰ ਕਿਸ ਨੂੰ? ਘਰਿ—ਹਿਰਦੇ-ਘਰ ਵਿਚ । ਵਰਤੈ—ਮੌਜੂਦ ਹੈ । ਸਭੁ ਕੋਇ—ਹਰੇਕ ਜੀਵ । ਕਿਸ ਨੋ ਕਹੀਐ—ਕਿਸੇ ਹੋਰ ਨੂੰ ਆਖਣਾ ਵਿਅਰਥ ਹੈ ।

ਅਰਥ :—ਜਿਸ ਪਰਮਾਤਮਾ ਨੇ ਜਗਤ ਪੈਦਾ ਕੀਤਾ ਹੈ, ਉਸ ਨੇ ਹੀ ਇਸ ਦੀ ਸੰਭਾਲ ਕੀਤੀ ਹੋਈ ਹੈ, ਉਹ ਆਪ ਹੀ (ਹਰੇਕ ਦੇ ਦਿਲ ਦੀ) ਜਾਣਦਾ ਹੈ । ਹੇ ਨਾਨਕ! ਜਦੋਂ ਹਰੇਕ ਜੀਵ (ਉਸ ਪਰਮਾਤਮਾ ਦੇ ਘਰ ਤੋਂ ਹਰੇਕ ਲੋੜ ਪੂਰੀ ਕਰਦਾ ਹੈ ਜੋ) ਹਰੇਕ ਦੇ ਹਿਰਦੇ-ਘਰ ਵਿਚ ਮੌਜੂਦ ਹੈ, ਤਾਂ ਉਸ ਤੋਂ ਬਿਨਾ ਕਿਸੇ ਹੋਰ ਅੱਗੇ ਅਰਜ਼ੋਈ ਕਰਨੀ ਵਿਅਰਥ ਹੈ ।੨।

ਪਉੜੀ ॥ ਸਭੇ ਥੋਕ ਵਿਸਾਰਿ ਇਕੋ ਮਿਤੁ ਕਰਿ ॥ ਮਨੁ ਤਨੁ ਹੋਇ ਨਿਹਾਲੁ ਪਾਪਾ ਦਹੈ ਹਰਿ ॥ ਆਵਣ ਜਾਣਾ ਚੁਕੈ ਜਨਮਿ ਨ ਜਾਹਿ ਮਰਿ ॥ ਸਚੁ ਨਾਮੁ ਆਧਾਰੁ ਸੋਗਿ ਨ ਮੋਹਿ ਜਰਿ ॥ ਨਾਨਕ ਨਾਮੁ ਨਿਧਾਨੁ ਮਨ ਮਹਿ ਸੰਜਿ ਧਰਿ ॥੨੦॥ {ਪੰਨਾ ੧੦੯੩}

ਪਦ ਅਰਥ :—ਥੋਕ—ਚੀਜ਼ਾਂ । ਨਿਹਾਲੁ—ਖਿੜਿਆ ਹੋਇਆ । ਦਹੈ—ਸਾੜ ਦੇਂਦਾ ਹੈ । ਚੁਕੈ—ਮੁੱਕ ਜਾਂਦਾ ਹੈ । ਜਨਮਿ—ਜਨਮ ਕੇ, ਜੰਮ ਕੇ । ਆਧਾਰੁ—ਆਸਰਾ । ਸੋਗਿ—ਸੋਗ ਵਿਚ, ਚਿੰਤਾ ਵਿਚ । ਜਰਿ—ਸੜ । ਸੰਜਿ ਧਰਿ—ਸੰਚ ਲੈ, ਇਕੱਠਾ ਕਰ ।

ਅਰਥ :—ਹੋਰ ਸਭ ਚੀਜ਼ਾਂ (ਦਾ ਮੋਹ) ਵਿਸਾਰ ਕੇ ਇਕ ਪਰਮਾਤਮਾ ਨੂੰ ਹੀ ਆਪਣਾ ਮਿੱਤਰ ਬਣਾ, ਤੇਰਾ ਮਨ ਖਿੜ ਆਵੇਗਾ ਤੇਰਾ ਸਰੀਰ ਹੌਲਾ-ਫੁੱਲ ਹੋ ਜਾਇਗਾ (ਕਿਉਂਕਿ) ਪਰਮਾਤਮਾ ਸਾਰੇ ਪਾਪ ਸਾੜ ਦੇਂਦਾ ਹੈ, (ਜਗਤ ਵਿਚ ਤੇਰਾ) ਜੰਮਣਾ ਮਰਨਾ ਮੁੱਕ ਜਾਇਗਾ, ਤੂੰ ਮੁੜ ਮੁੜ ਨਹੀਂ ਜੰਮੇ ਮਰੇਂਗਾ । ਪ੍ਰਭੂ ਦੇ ਨਾਮ ਨੂੰ ਆਸਰਾ ਬਣਾ, ਤੂੰ ਚਿੰਤਾ ਵਿਚ ਤੇ ਮੋਹ ਵਿਚ ਨਹੀਂ ਸੜੇਂਗਾ । ਹੇ ਨਾਨਕ! ਪਰਮਾਤਮਾ ਦਾ ਨਾਮ-ਖ਼ਜ਼ਾਨਾ ਆਪਣੇ ਮਨ ਵਿਚ ਇਕੱਠਾ ਕਰ ਰੱਖ ।੨੦।

ਸਲੋਕ ਮਃ ੫ ॥ ਮਾਇਆ ਮਨਹੁ ਨ ਵੀਸਰੈ ਮਾਂਗੈ ਦੰਮਾ ਦੰਮ ॥ ਸੋ ਪ੍ਰਭੁ ਚਿਤਿ ਨ ਆਵਈ ਨਾਨਕ ਨਹੀ ਕਰੰਮ ॥੧॥ {ਪੰਨਾ ੧੦੯੩}

ਪਦ ਅਰਥ :—{ਨੋਟ :—ਇਹ ਸਲੋਕ "ਵਾਰਾਂ ਤੇ ਵਧੀਕ ਸਲੋਕ ਮ: ੫" ਵਿਚ ਭੀ ਨੰ: ੧੯ ਤੇ ਦਰਜ ਹੈ । ਇਥੇ ਲਫ਼ਜ਼ 'ਕਰੰਮ' ਹੈ, ਓਥੇ 'ਕਰੰਮਿ ਹੈ ।}

ਦੰਮਾ ਦੰਮ—ਦਮ-ਬ-ਦਮ, ਸੁਆਸ ਸੁਆਸ । ਚਿਤਿ—ਚਿੱਤ ਵਿਚ । ਆਵਈ—ਆਵਏ, ਆਵੈ, ਆਉਂਦਾ । ਕਰੰਮ—ਚੰਗੇ ਭਾਗ ।

ਅਰਥ :—ਹੇ ਨਾਨਕ! ਜਿਸ ਮਨੁੱਖ ਨੂੰ ਮਨੋਂ ਮਾਇਆ ਨਹੀਂ ਭੁੱਲਦੀ, ਜੋ (ਨਾਮ ਦੀ ਦਾਤਿ ਮੰਗਣ ਦੇ ਥਾਂ) ਸੁਆਸ-ਸੁਆਸ (ਮਾਇਆ ਹੀ) ਮੰਗਦਾ ਹੈ, ਜਿਸ ਨੂੰ ਉਹ ਪਰਮਾਤਮਾ ਕਦੇ ਚੇਤੇ ਨਹੀਂ ਆਉਂਦਾ (ਇਹ ਜਾਣੋ ਕਿ) ਉਸ ਦੇ ਭਾਗ ਚੰਗੇ ਨਹੀਂ ਹਨ ।੧।

ਮਃ ੫ ॥ ਮਾਇਆ ਸਾਥਿ ਨ ਚਲਈ ਕਿਆ ਲਪਟਾਵਹਿ ਅੰਧ ॥ ਗੁਰ ਕੇ ਚਰਣ ਧਿਆਇ ਤੂ ਤੂਟਹਿ ਮਾਇਆ ਬੰਧ ॥੨॥ {ਪੰਨਾ ੧੦੯੩}

ਅਰਥ :—ਹੇ ਅੰਨ੍ਹੇ (ਜੀਵ)! ਤੂੰ (ਮੁੜ ਮੁੜ) ਮਾਇਆ ਨੂੰ ਕਿਉਂ ਚੰਬੜਦਾ ਹੈਂ? ਇਹ ਤਾਂ ਕਦੇ ਕਿਸੇ ਦੇ ਨਾਲ ਨਹੀਂ ਜਾਂਦੀ; ਤੂੰ ਸਤਿਗੁਰੂ ਦੇ ਚਰਨਾਂ ਦਾ ਧਿਆਨ ਧਰ (ਭਾਵ, ਹਉਮੈ ਛੱਡ ਕੇ ਗੁਰੂ ਦਾ ਆਸਰਾ ਲੈ) (ਤਾਂ ਜੁ) ਤੇਰੀਆਂ ਇਹ ਮੁਸ਼ਕਾਂ ਜੋ ਮਾਇਆ ਨੇ ਕੱਸੀਆਂ ਹੋਈਆਂ ਹਨ ਟੁੱਟ ਜਾਣ ।੨।

ਪਉੜੀ ॥ ਭਾਣੈ ਹੁਕਮੁ ਮਨਾਇਓਨੁ ਭਾਣੈ ਸੁਖੁ ਪਾਇਆ ॥ ਭਾਣੈ ਸਤਿਗੁਰੁ ਮੇਲਿਓਨੁ ਭਾਣੈ ਸਚੁ ਧਿਆਇਆ ॥ ਭਾਣੇ ਜੇਵਡ ਹੋਰ ਦਾਤਿ ਨਾਹੀ ਸਚੁ ਆਖਿ ਸੁਣਾਇਆ ॥ ਜਿਨ ਕਉ ਪੂਰਬਿ ਲਿਖਿਆ ਤਿਨ ਸਚੁ ਕਮਾਇਆ ॥ ਨਾਨਕ ਤਿਸੁ ਸਰਣਾਗਤੀ ਜਿਨਿ ਜਗਤੁ ਉਪਾਇਆ ॥੨੧॥ {ਪੰਨਾ ੧੦੯੩}

ਪਦ ਅਰਥ :—ਭਾਣੈ—ਰਜ਼ਾ ਵਿਚ । ਮਨਾਇਓਨੁ—ਮਨਾਇਆ ਉਸ (ਪ੍ਰਭੂ) ਨੇ । ਮੇਲਿਓਨੁ—ਮਿਲਾਇਆ ਉਸ (ਪ੍ਰਭੂ) ਨੇ । ਸਚੁ—ਸਦਾ-ਥਿਰ ਰਹਿਣ ਵਾਲੇ ਦਾ ਨਾਮ । ਦਾਤਿ—ਬਖ਼ਸ਼ਸ਼ । ਸਚੁ ਆਖਿ—ਨਾਮ (ਆਪ) ਸਿਮਰ ਕੇ । ਸੁਣਾਇਆ—(ਹੋਰਨਾਂ ਨੂੰ 'ਨਾਮ') ਸੁਣਾਇਆ ਹੈ । ਪੂਰਬਿ—ਮੁੱਢ ਤੋਂ, ਪਹਿਲਾਂ ਤੋਂ । ਜਿਨ ਕਉ—ਜਿਨ੍ਹਾਂ ਦੇ ਭਾਗਾਂ ਵਿਚ, ਜਿਨ੍ਹਾਂ ਵਾਸਤੇ ।

ਅਰਥ :—ਉਸ ਪਰਮਾਤਮਾ ਨੇ (ਜਿਸ ਮਨੁੱਖ ਤੋਂ) ਆਪਣੀ ਰਜ਼ਾ ਵਿਚ ਆਪਣਾ ਹੁਕਮ ਮਨਾਇਆ ਹੈ ਉਸ ਮਨੁੱਖ ਨੇ ਰਜ਼ਾ ਵਿਚ ਰਹਿ ਕੇ ਸੁਖ ਲੱਭਾ ਹੈ । ਉਸ ਪ੍ਰਭੂ ਨੇ ਆਪਣੀ ਰਜ਼ਾ ਵਿਚ ਜਿਸ ਮਨੁੱਖ ਨੂੰ ਗੁਰੂ ਮਿਲਾਇਆ ਹੈ ਉਹ ਮਨੁੱਖ ਰਜ਼ਾ ਵਿਚ ਰਹਿ ਕੇ 'ਨਾਮ' ਸਿਮਰਦਾ ਹੈ; ਜਿਸ ਮਨੁੱਖ ਨੂੰ ਪ੍ਰਭੂ ਦੀ ਰਜ਼ਾ ਵਿਚ ਰਹਿਣਾ ਸਭ ਤੋਂ ਵੱਡੀ ਰੱਬੀ ਬਖ਼ਸ਼ਸ਼ ਪ੍ਰਤੀਤ ਹੁੰਦੀ ਹੈ ਉਹ ਆਪ 'ਨਾਮ' ਸਿਮਰਦਾ ਹੈ ਤੇ ਹੋਰਨਾਂ ਨੂੰ ਸੁਣਾਂਦਾ ਹੈ; ਪਰ 'ਨਾਮ' ਸਿਮਰਦੇ ਉਹੀ ਹਨ ਜਿਨ੍ਹਾਂ ਦੇ ਮੱਥੇ ਤੇ ਧੁਰੋਂ ਮੁੱਢ ਤੋਂ ਲਿਖਿਆ ਹੋਇਆ ਹੈ (ਭਾਵ, ਜਿਨ੍ਹਾਂ ਦੇ ਅੰਦਰ ਪੂਰਬਲੇ ਕਰਮਾਂ ਅਨੁਸਾਰ ਸਿਮਰਨ ਦੇ ਸੰਸਕਾਰ ਮੌਜੂਦ ਹਨ) ।

(ਸੋ,) ਹੇ ਨਾਨਕ! ਉਸ ਪ੍ਰਭੂ ਦੀ ਸਰਨ ਵਿਚ ਰਹੁ ਜਿਸ ਨੇ ਇਹ ਸੰਸਾਰ ਪੈਦਾ ਕੀਤਾ ਹੈ ।੨੧।

ਸਲੋਕ ਮਃ ੩ ॥ ਜਿਨ ਕਉ ਅੰਦਰਿ ਗਿਆਨੁ ਨਹੀ ਭੈ ਕੀ ਨਾਹੀ ਬਿੰਦ ॥ ਨਾਨਕ ਮੁਇਆ ਕਾ ਕਿਆ ਮਾਰਣਾ ਜਿ ਆਪਿ ਮਾਰੇ ਗੋਵਿੰਦ ॥੧॥ {ਪੰਨਾ ੧੦੯੩}

ਅਰਥ :—ਜਿਨ੍ਹਾਂ ਮਨੁੱਖਾਂ ਦੇ ਅੰਦਰ ਪਰਮਾਤਮਾ ਦਾ ਰਤਾ ਭਰ ਭੀ ਡਰ ਨਹੀਂ, ਤੇ ਜਿਨ੍ਹਾਂ ਨੂੰ ਪ੍ਰਭੂ ਨਾਲ ਜਾਣ-ਪਛਾਣ ਪ੍ਰਾਪਤ ਨਹੀਂ ਹੋਈ, ਹੇ ਨਾਨਕ! ਉਹ (ਆਤਮਕ ਮੌਤੇ) ਮੋਏ ਹੋਏ ਹਨ, ਉਹਨਾਂ ਨੂੰ (ਮਾਨੋ) ਰੱਬ ਨੇ ਆਪ ਮਾਰ ਦਿੱਤਾ ਹੈ, ਇਹਨਾਂ ਮੁਇਆਂ ਨੂੰ (ਏਦੂੰ ਵਧੀਕ) ਕਿਸੇ ਹੋਰ ਨੇ ਕੀਹ ਮਾਰਨਾ ਹੈ? ।੧।

ਮਃ ੩ ॥ ਮਨ ਕੀ ਪਤ੍ਰੀ ਵਾਚਣੀ ਸੁਖੀ ਹੂ ਸੁਖੁ ਸਾਰੁ ॥ ਸੋ ਬ੍ਰਾਹਮਣੁ ਭਲਾ ਆਖੀਐ ਜਿ ਬੂਝੈ ਬ੍ਰਹਮੁ ਬੀਚਾਰੁ ॥ ਹਰਿ ਸਾਲਾਹੇ ਹਰਿ ਪੜੈ ਗੁਰ ਕੈ ਸਬਦਿ ਵੀਚਾਰਿ ॥ ਆਇਆ ਓਹੁ ਪਰਵਾਣੁ ਹੈ ਜਿ ਕੁਲ ਕਾ ਕਰੇ ਉਧਾਰੁ ॥ ਅਗੈ ਜਾਤਿ ਨ ਪੁਛੀਐ ਕਰਣੀ ਸਬਦੁ ਹੈ ਸਾਰੁ ॥ ਹੋਰੁ ਕੂੜੁ ਪੜਣਾ ਕੂੜੁ ਕਮਾਵਣਾ ਬਿਖਿਆ ਨਾਲਿ ਪਿਆਰੁ ॥ ਅੰਦਰਿ ਸੁਖੁ ਨ ਹੋਵਈ ਮਨਮੁਖ ਜਨਮੁ ਖੁਆਰੁ ॥ ਨਾਨਕ ਨਾਮਿ ਰਤੇ ਸੇ ਉਬਰੇ ਗੁਰ ਕੈ ਹੇਤਿ ਅਪਾਰਿ ॥੨॥ {ਪੰਨਾ ੧੦੯੩-੧੦੯੪}

ਪਦ ਅਰਥ :—ਪਤ੍ਰੀ—ਉਹ ਪੋਥੀ ਜਿਸ ਵਿਚੋਂ ਬ੍ਰਾਹਮਣ ਆਪਣੇ ਜਜਮਾਨ ਆਦਿਕਾਂ ਨੂੰ ਥਿੱਤਾਂ ਦੱਸਦੇ ਹਨ । ਵਾਚਣੀ—ਪੜ੍ਹਨੀ । ਉਧਾਰੁ—ਪਾਰ-ਉਤਾਰਾ । ਸਾਰੁ—ਸ੍ਰੇਸ਼ਟ । ਬਿਖਿਆ—ਮਾਇਆ । ਹੇਤਿ—ਪਿਆਰ ਨਾਲ । ਅਪਾਰਿ ਹੇਤਿ—ਬੇਅੰਤ ਪਿਆਰ ਨਾਲ ।

ਅਰਥ :—(ਲੋਕਾਂ ਨੂੰ ਥਿੱਤਾਂ ਆਦਿਕ ਦੱਸਣ ਲਈ ਪੱਤ੍ਰੀ ਪੜ੍ਹਨ ਦੇ ਥਾਂ) ਆਪਣੇ ਮਨ ਦੀ ਪੱਤ੍ਰੀ ਪੜ੍ਹਨੀ ਚਾਹੀਦੀ ਹੈ (ਕਿ ਇਸ ਦੀ ਕੇਹੜੇ ਵੇਲੇ ਕੀਹ ਹਾਲਤ ਹੈ; ਇਹ ਪੱਤ੍ਰੀ ਵਾਚਣ ਨਾਲ) ਸਭ ਤੋਂ ਸ੍ਰੇਸ਼ਟ ਸੁਖ ਮਿਲਦਾ ਹੈ । (ਜੋ ਥਿੱਤਾਂ ਦੀ ਭਲਾਈ ਬੁਰਾਈ ਵਿਚਾਰਨ ਦੇ ਥਾਂ) ਰੱਬੀ ਵਿਚਾਰ ਨੂੰ ਸਮਝਦਾ ਹੈ ਉਸ ਬ੍ਰਾਹਮਣ ਨੂੰ ਚੰਗਾ ਜਾਣੋ । ਜੋ (ਬ੍ਰਾਹਮਣ) ਗੁਰੂ ਦੇ ਸ਼ਬਦ ਦੀ ਰਾਹੀਂ ਵਿਚਾਰ ਕਰ ਕੇ ਪ੍ਰਭੂ ਦੀ ਸਿਫ਼ਤਿ-ਸਾਲਾਹ ਕਰਦਾ ਹੈ ਪ੍ਰਭੂ ਦਾ ਨਾਮ ਪੜ੍ਹਦਾ ਹੈ (ਤੇ ਇਸ ਤਰ੍ਹਾਂ) ਆਪਣੀ ਕੁਲ ਦਾ ਭੀ ਪਾਰ-ਉਤਾਰਾ ਕਰਦਾ ਹੈ ਉਸ ਦਾ ਜਗਤ ਵਿਚ ਆਉਣਾ ਸਫਲ ਹੈ ।

ਪ੍ਰਭੂ ਦੀ ਹਜ਼ੂਰੀ ਵਿਚ (ਉੱਚੀ) ਜਾਤਿ ਦੀ ਪੁੱਛ-ਗਿੱਛ ਨਹੀਂ ਹੁੰਦੀ, ਓਥੇ ਤਾਂ (ਸਿਫ਼ਤਿ-ਸਾਲਾਹ ਦੀ) ਬਾਣੀ (ਦਾ ਅੱਭਿਆਸ) ਹੀ ਸ੍ਰੇਸ਼ਟ ਕਰਨੀ (ਮਿਥੀ ਜਾਂਦੀ) ਹੈ, (ਸਿਫ਼ਤਿ-ਸਾਲਾਹ ਤੋਂ ਬਿਨਾ) ਹੋਰ ਪੜ੍ਹਨਾ ਤੇ ਕਮਾਣਾ ਵਿਅਰਥ ਹੈ, ਮਾਇਆ ਨਾਲ ਹੀ ਪਿਆਰ (ਵਧਾਂਦਾ) ਹੈ (ਉਸ ਪੜ੍ਹਾਈ ਤੇ ਕਮਾਈ ਨਾਲ) ਮਨ ਵਿਚ ਸੁਖ ਨਹੀਂ ਹੁੰਦਾ, ਆਪਣੇ ਮਨ ਦੇ ਪਿੱਛੇ ਤੁਰਨ ਵਾਲੇ ਮਨੁੱਖ ਦੀ ਜ਼ਿੰਦਗੀ ਹੀ ਔਤਰ ਜਾਂਦੀ ਹੈ ।

ਹੇ ਨਾਨਕ! ਜੋ ਮਨੁੱਖ ਗੁਰੂ (ਦੇ ਚਰਨਾਂ) ਵਿਚ ਬਹੁਤ ਪ੍ਰੇਮ ਕਰ ਕੇ ਪ੍ਰਭੂ ਦੇ ਨਾਮ ਵਿਚ ਰੰਗੇ ਜਾਂਦੇ ਹਨ ਉਹ ('ਬਿਖਿਆ' ਦੇ ਅਸਰ ਤੋਂ) ਬਚ ਜਾਂਦੇ ਹਨ ।੨।

ਪਉੜੀ ॥ ਆਪੇ ਕਰਿ ਕਰਿ ਵੇਖਦਾ ਆਪੇ ਸਭੁ ਸਚਾ ॥ ਜੋ ਹੁਕਮੁ ਨ ਬੂਝੈ ਖਸਮ ਕਾ ਸੋਈ ਨਰੁ ਕਚਾ ॥ ਜਿਤੁ ਭਾਵੈ ਤਿਤੁ ਲਾਇਦਾ ਗੁਰਮੁਖਿ ਹਰਿ ਸਚਾ ॥ ਸਭਨਾ ਕਾ ਸਾਹਿਬੁ ਏਕੁ ਹੈ ਗੁਰ ਸਬਦੀ ਰਚਾ ॥ ਗੁਰਮੁਖਿ ਸਦਾ ਸਲਾਹੀਐ ਸਭਿ ਤਿਸ ਦੇ ਜਚਾ ॥ ਜਿਉ ਨਾਨਕ ਆਪਿ ਨਚਾਇਦਾ ਤਿਵ ਹੀ ਕੋ ਨਚਾ ॥੨੨॥੧॥ ਸੁਧੁ ॥ {ਪੰਨਾ ੧੦੯੪}

ਪਦ ਅਰਥ :—ਆਪੇ—ਆਪ ਹੀ । ਸਭੁ—ਹਰ ਥਾਂ । ਸਚਾ—ਅਟੱਲ । ਕਚਾ—ਡੋਲਣ ਵਾਲਾ । ਹੁਕਮੁ—ਰਜ਼ਾ । ਗੁਰਮੁਖਿ—ਗੁਰੂ ਦੇ ਸਨਮੁਖ ਮਨੁੱਖ । ਰਚਾ—ਰਚਿਆ ਜਾ ਸਕਦਾ ਹੈ, ਮਿਲ ਸਕੀਦਾ ਹੈ । ਜਚਾ—ਚੋਜ, ਤਮਾਸ਼ੇ ।

ਅਰਥ :—ਪ੍ਰਭੂ ਆਪ ਹੀ (ਜੀਵਾਂ ਨੂੰ) ਪੈਦਾ ਕਰ ਕੇ ਆਪ ਹੀ ਸੰਭਾਲ ਕਰਦਾ ਹੈ (ਕਿਉਂਕਿ) ਉਹ ਸਦਾ-ਥਿਰ ਰਹਿਣ ਵਾਲਾ ਪ੍ਰਭੂ ਹਰ ਥਾਂ ਆਪ ਹੀ (ਮੌਜੂਦ) ਹੈ । ਪਰ ਜੋ ਮਨੁੱਖ (ਪ੍ਰਭੂ ਦੀ ਇਸ ਹਰ ਥਾਂ ਮੌਜੂਦ ਹੋਣ ਦੀ) ਰਜ਼ਾ ਨੂੰ ਨਹੀਂ ਸਮਝਦਾ, ਉਹ ਮਨੁੱਖ ਡੋਲਦਾ ਰਹਿੰਦਾ ਹੈ । ਜਿਸ ਪਾਸੇ ਪ੍ਰਭੂ ਦੀ ਰਜ਼ਾ ਹੋਵੇ ਉਸੇ ਪਾਸੇ (ਹਰੇਕ ਜੀਵ ਨੂੰ) ਲਾਂਦਾ ਹੈ, ਜਿਸ ਨੂੰ ਗੁਰੂ ਦੇ ਸਨਮੁਖ ਕਰਦਾ ਹੈ ਉਹ ਪ੍ਰਭੂ ਦਾ ਹੀ ਰੂਪ ਹੋ ਜਾਂਦਾ ਹੈ ।

(ਉਂਵ ਤਾਂ) ਸਭ ਜੀਵਾਂ ਦਾ ਮਾਲਕ ਇਕ ਪਰਮਾਤਮਾ ਹੀ ਹੈ, ਪਰ ਗੁਰੂ ਦੇ ਸ਼ਬਦ ਦੀ ਰਾਹੀਂ ਹੀ (ਉਸ ਵਿਚ) ਜੁੜਿਆ ਜਾ ਸਕਦਾ ਹੈ; (ਸੋ) ਗੁਰੂ ਦੇ ਸਨਮੁਖ ਹੋ ਕੇ ਉਸ ਦੀ ਸਿਫ਼ਤਿ-ਸਾਲਾਹ ਕਰਨੀ ਚਾਹੀਦੀ ਹੈ । (ਜਗਤ ਦੇ ਇਹ) ਸਾਰੇ ਕੌਤਕ ਉਸ ਮਾਲਕ ਦੇ ਹੀ ਹਨ; ਹੇ ਨਾਨਕ! ਜਿਵੇਂ ਉਹ ਆਪ ਜੀਵ ਨੂੰ ਨਚਾਂਦਾ ਹੈ ਤਿਵੇਂ ਜੀਵ ਨੱਚਦਾ ਹੈ ।੨੨।੧।ਸੁਧੁ।

ਮਾਰੂ ਵਾਰ ਮਹਲਾ ੫ ਡਖਣੇ ਮਃ ੫ ੴ ਸਤਿਗੁਰ ਪ੍ਰਸਾਦਿ ॥ {ਪੰਨਾ ੧੦੯੪}

ਮਾਰੂ ਵਾਰ ਮਹਲਾ ੫ ਦਾ ਭਾਵ

ਪਉੜੀ-ਵਾਰ—

੧. ਪਰਮਾਤਮਾ ਨੇ ਇਹ ਜਗਤ ਆਪ ਹੀ ਪੈਦਾ ਕੀਤਾ ਹੈ, ਤ੍ਰੈ-ਗੁਣੀ ਮਾਇਆ ਭੀ ਉਸ ਨੇ ਆਪ ਹੀ ਬਣਾਈ ਹੈ, ਸਾਰੇ ਜੀਵ ਭੀ ਪਰਮਾਤਮਾ ਦੇ ਹੀ ਪੈਦਾ ਕੀਤੇ ਹੋਏ ਹਨ । ਉਸ ਦੀ ਰਜ਼ਾ ਅਨੁਸਾਰ ਹੀ ਜੀਵ ਮਾਇਆ ਦੇ ਮੋਹ ਵਿਚ ਫਸੇ ਰਹਿੰਦੇ ਹਨ । ਇਹ ਨਿਯਮ ਭੀ ਉਸੇ ਨੇ ਬਣਾਇਆ ਹੋਇਆ ਹੈ ਕਿ ਜੀਵ ਗੁਰੂ ਦੇ ਦੱਸੇ ਰਸਤੇ ਉਤੇ ਤੁਰ ਕੇ ਮਾਇਆ ਦੇ ਮੋਹ ਤੋਂ ਬਚਣ ।

੨. ਸਿਰਜਣਹਾਰ ਨੂੰ ਭੁਲਾ ਕੇ ਜੀਵ ਮਾਇਆ ਦੇ ਮੋਹ ਵਿਚ ਫਸ ਜਾਂਦੇ ਹਨ, ਤੇ ਜਨਮ ਮਰਨ ਦੇ ਗੇੜ ਵਿਚ ਪੈ ਜਾਂਦੇ ਹਨ । ਜਿਸ ਮਨੁੱਖ ਉਤੇ ਪਰਮਾਤਮਾ ਮਿਹਰ ਕਰਦਾ ਹੈ, ਉਹ ਗੁਰੂ ਦੀ ਸਰਨ ਪੈਂਦਾ ਹੈ । ਗੁਰੂ ਦੇ ਦੱਸੇ ਹੋਏ ਰਸਤੇ ਉਤੇ ਤੁਰ ਕੇ ਉਹ ਮਨੁੱਖ ਪਰਮਾਤਮਾ ਦੀ ਯਾਦ ਵਿਚ ਜੁੜਦਾ ਹੈ । ਸਿਰਫ਼ ਇਹੀ ਰਸਤਾ ਹੈ ਮਾਇਆ ਦੇ ਮੋਹ ਵਿਚੋਂ ਨਿਕਲਣ ਦਾ ।

੩. ਮਾਇਆ ਨਾਲ ਤਾਂ ਮਨੁੱਖ ਨੂੰ ਹਰ ਵੇਲੇ ਵਾਹ ਪੈਂਦਾ ਹੈ, ਇਸ ਵਾਸਤੇ ਉਸ ਦੇ ਮੋਹ ਵਿਚ ਸੁਭਾਵਿਕ ਹੀ ਫਸ ਜਾਂਦਾ ਹੈ । ਪਰ ਪਰਮਾਤਮਾ ਇਹਨਾਂ ਅੱਖਾਂ ਨਾਲ ਦਿੱਸਦਾ ਨਹੀਂ, ਉਸ ਨਾਲ ਪਿਆਰ ਬਣਨਾ ਬੜੀ ਔਖੀ ਗੱਲ ਹੈ । ਸੋ, ਜਿਸ ਮਨੁੱਖ ਉਤੇ ਪਰਮਾਤਮਾ ਦੀ ਮਿਹਰ ਹੁੰਦੀ ਹੈ ਉਸ ਨੂੰ ਗੁਰੂ ਮਿਲਦਾ ਹੈ । ਗੁਰੂ ਦੀ ਸਰਨ ਪੈ ਕੇ ਮਨੁੱਖ ਪਰਮਾਤਮਾ ਦੇ ਗੁਣ ਗਾਂਦਾ ਹੈ ।

੪. ਮਾਇਆ ਰਚਣ ਵਾਲਾ ਭੀ ਤੇ ਜੀਵ ਪੈਦਾ ਕਰਨ ਵਾਲਾ ਭੀ ਪਰਮਾਤਮਾ ਆਪ ਹੀ ਹੈ । ਉਸ ਦੀ ਆਪਣੀ ਹੀ ਰਚੀ ਇਹ ਖੇਡ ਹੈ ਕਿ ਜੀਵ ਮਾਇਆ ਦੇ ਮੋਹ ਵਿਚ ਫਸ ਕੇ ਜਨਮ ਮਰਨ ਦੇ ਗੇੜ ਵਿਚ ਪਏ ਰਹਿੰਦੇ ਹਨ । ਜੀਵਾਂ ਦੇ ਵੱਸ ਦੀ ਗੱਲ ਨਹੀਂ ।

੫. ਪਰਮਾਤਮਾ ਹਰ ਥਾਂ ਵਿਆਪਕ ਹੁੰਦਾ ਹੋਇਆ ਭੀ ਮਨੁੱਖ ਨੂੰ ਇਹਨਾਂ ਅੱਖਾਂ ਨਾਲ ਨਹੀਂ ਦਿੱਸਦਾ । ਮਨੁੱਖ ਦੇ ਭਾਣੇ ਉਹ ਕਿਤੇ ਦੂਰ-ਦੁਰੇਡੇ ਥਾਂ ਵੱਸ ਰਿਹਾ ਹੈ । ਫਿਰ, ਮਨੁੱਖ ਉਸ ਦੀ ਯਾਦ ਵਿਚ ਕਿਵੇਂ ਜੁੜੇ? ਜਿਸ ਉਤੇ ਉਹ ਆਪ ਮਿਹਰ ਕਰਦਾ ਹੈ, ਉਸ ਨੂੰ ਗੁਰੂ ਮਿਲਾਂਦਾ ਹੈ । ਗੁਰੂ ਨੂੰ ਮਿਲ ਕੇ ਮਨੁੱਖ ਪਰਮਾਤਮਾ ਦੀ ਯਾਦ ਵਿਚ ਜੁੜਦਾ ਹੈ ।

੬. ਮਨੁੱਖ ਹਉਮੈ ਦੇ ਕਾਰਨ ਕਾਮਾਦਿਕ ਵਿਕਾਰਾਂ ਦੇ ਢਹੇ ਚੜ੍ਹਿਆ ਰਹਿੰਦਾ ਹੈ, ਤੇ, ਮਨੁੱਖਾ ਜਨਮ ਦੀ ਬਾਜ਼ੀ ਹਾਰੀ ਜਾਂਦਾ ਹੈ । ਉਸ ਦੀ ਰਜ਼ਾ ਇਉਂ ਹੀ ਹੈ । ਜਿਸ ਮਨੁੱਖ ਨੂੰ ਆਪਣੀ ਮਿਹਰ ਨਾਲ ਸਤਸੰਗ ਵਿਚ ਰਹਿਣ ਦਾ ਅਵਸਰ ਬਖ਼ਸ਼ਦਾ ਹੈ, ਉਸ ਨੂੰ ਮਾਇਆ ਦੇ ਪੰਜੇ ਵਿਚੋਂ ਕੱਢ ਕੇ ਆਪਣੀ ਯਾਦ ਵਿਚ ਜੋੜੀ ਰੱਖਦਾ ਹੈ ।

੭. ਪਰਮਾਤਮਾ ਦੀ ਮਿਹਰ ਨਾਲ ਜਿਹੜਾ ਮਨੁੱਖ ਆਪਾ-ਭਾਵ ਦੂਰ ਕਰ ਕੇ ਪਰਮਾਤਮਾ ਦੀ ਭਗਤੀ ਕਰਦਾ ਹੈ ਉਸ ਦੇ ਅੰਦਰ ਕਿਸੇ ਵਾਸਤੇ ਵੈਰ-ਭਾਵਨਾ ਨਹੀਂ ਰਹਿ ਜਾਂਦੀ । ਗੁਰੂ ਦੀ ਸਰਨ ਪੈ ਕੇ ਉਸ ਦੇ ਮਨ ਵਿਚ ਸਦਾ ਆਤਮਕ ਆਨੰਦ ਬਣਿਆ ਰਹਿੰਦਾ ਹੈ । ਕੋਈ ਵਿਕਾਰ ਉਸ ਨੂੰ ਆਪਣੇ ਵਲ ਖਿੱਚ ਨਹੀਂ ਪਾ ਸਕਦਾ ।

੮. ਗੁਰੂ ਦੀ ਸਰਨ ਪੈ ਕੇ ਜਿਹੜਾ ਮਨੁੱਖ ਪਰਮਾਤਮਾ ਨਾਲ ਡੂੰਘੀ ਸਾਂਝ ਪਾਈ ਰੱਖਦਾ ਹੈ, ਕੋਈ ਪਾਪ-ਵਿਕਾਰ ਉਸ ਦੇ ਨੇੜੇ ਨਹੀਂ ਢੁਕਦਾ । ਸਾਰਾ ਜਗਤ ਉਸ ਦੀ ਸੋਭਾ ਕਰਦਾ ਹੈ । ਕੋਈ ਦੁੱਖ-ਕਲੇਸ਼ ਉਸ ਨੂੰ ਪੋਹ ਨਹੀਂ ਸਕਦਾ ।

੯. ਪਰਮਾਤਮਾ ਦੀ ਮਿਹਰ ਨਾਲ ਜਿਹੜਾ ਮਨੁੱਖ ਪਰਮਾਤਮਾ ਦੀ ਸਿਫ਼ਤਿ-ਸਾਲਾਹ ਵਿਚ ਜੁੜਦਾ ਹੈ, ਉਸ ਦੇ ਅੰਦਰੋਂ ਮਾਇਆ ਵਾਲੀ ਭੁੱਖ ਮੁੱਕ ਜਾਂਦੀ ਹੈ । ਜਿੱਥੇ ਮਾਇਆ ਦੀ ਭੁੱਖ ਨਾਹ ਰਹੇ, ਉਥੇ ਹੋਰ ਦੁੱਖ ਕਿਹੜਾ?

੧੦. ਜਗਤ, ਮਾਨੋ, ਇਕ ਅਖਾੜਾ ਹੈ । ਇਸ ਵਿਚ ਕਾਮਾਦਿਕ ਠੱਗ ਸਾਰੇ ਜੀਵਾਂ ਨੂੰ ਠੱਗ ਰਹੇ ਹਨ । ਪਰ ਜਿਹੜਾ ਮਨੁੱਖ ਗੁਰੂ ਦੀ ਸਰਨ ਪੈ ਕੇ ਪਰਮਾਤਮਾ ਦੀ ਯਾਦ ਵਿਚ ਟਿਕਦਾ ਹੈ, ਉਸ ਦਾ ਮਨ ਵਿਕਾਰਾਂ ਵਲੋਂ ਪਰਤ ਪੈਂਦਾ ਹੈ । ਕਾਮਾਦਿਕ ਉਸ ਉਤੇ ਆਪਣਾ ਜ਼ੋਰ ਨਹੀਂ ਪਾ ਸਕਦੇ ।

੧੧. ਪਰਮਾਤਮਾ ਦੀ ਮਿਹਰ ਤੋਂ ਬਿਨਾ ਮਨੁੱਖ ਨੂੰ ਗੁਰੂ ਦਾ ਮਿਲਾਪ ਹਾਸਲ ਨਹੀਂ ਹੁੰਦਾ । ਤੇ, ਗੁਰੂ ਦੀ ਸੰਗਤਿ ਤੋਂ ਬਿਨਾ ਮਨੁੱਖ ਦੇ ਅੰਦਰੋਂ ਅਹੰਕਾਰ ਦੂਰ ਨਹੀਂ ਹੁੰਦਾ, ਹਉਮੈ ਨਹੀਂ ਮਿਟਦੀ । ਹਉਮੈ ਅਤੇ ਪ੍ਰਭੂ-ਮਿਲਾਪ—ਇਹ ਦੋਵੇਂ ਇਕੋ ਹਿਰਦੇ ਵਿਚ ਨਹੀਂ ਟਿਕ ਸਕਦੇ । ਸੋ, ਗੁਰੂ ਦੀ ਸਰਨ ਪੈ ਕੇ ਸਾਧ ਸੰਗਤਿ ਦੀ ਬਰਕਤਿ ਨਾਲ ਪਰਮਾਤਮਾ ਦਾ ਸਿਮਰਨ ਹੋ ਸਕਦਾ ਹੈ, ਤੇ ਆਤਮਕ ਆਨੰਦ ਮਿਲਦਾ ਹੈ ।

੧੨. ਸਾਧ ਸੰਗਤਿ ਵਿਚੋਂ ਇਹ ਸੂਝ ਮਿਲਦੀ ਹੈ ਕਿ ਆਪਣੇ ਅੰਦਰੋਂ ਹਉਮੈ-ਅਹੰਕਾਰ ਦੂਰ ਕਰ ਕੇ ਜਿਹੜਾ ਮਨੁੱਖ ਪਰਮਾਤਮਾ ਦੀ ਸਿਫ਼ਤਿ-ਸਾਲਾਹ ਕਰਦਾ ਹੈ ਉਸ ਦੀ ਸੁਰਤਿ ਪ੍ਰਭੂ-ਚਰਨਾਂ ਵਿਚ ਟਿਕੀ ਰਹਿੰਦੀ ਹੈ ।

੧੩. ਧਾਰਮਿਕ ਪਹਿਰਾਵੇ, ਵਰਤ, ਧਾਰਮਿਕ ਪੁਸਤਕਾਂ ਦੇ ਨਿਰੇ ਪਾਠ, ਤਿਲਕ—ਇਹਨਾਂ ਦੇ ਆਸਰੇ ਪਰਮਾਤਮਾ ਨਾਲ ਮਿਲਾਪ ਨਹੀਂ ਹੁੰਦਾ । ਜਿਹੜਾ ਮਨੁੱਖ ਗੁਰੂ ਦੀ ਸਰਨ ਪੈਂਦਾ ਹੈ, ਉਸ ਨੂੰ ਜੀਵਨ ਦਾ ਸਹੀ ਰਸਤਾ ਲੱਭਦਾ ਹੈ ।

੧੪. ਬਾਹਰਲੇ ਧਾਰਮਿਕ ਪਹਿਰਾਵਿਆਂ ਦੀ ਰਾਹੀਂ ਪਰਮਾਤਮਾ ਨਹੀਂ ਮਿਲਦਾ, ਕਿਉਂਕਿ ਉਹ ਤਾਂ ਹਰੇਕ ਦੇ ਦਿਲ ਨੂੰ ਜਾਣਦਾ ਹੈ । ਦੂਜੇ ਪਾਸੇ, ਧਨ ਆਦਿਕ ਦਾ ਮਾਣ ਕਰਨਾ ਭੀ ਮੂਰਖਤਾ ਹੈ, ਇਹ ਤਾਂ ਜਗਤ ਤੋਂ ਤੁਰਨ ਵੇਲੇ ਇਥੇ ਹੀ ਰਹਿ ਜਾਂਦਾ ਹੈ । ਜਿਸ ਮਨੁੱਖ ਉਤੇ ਪਰਮਾਤਮਾ ਦੀ ਮਿਹਰ ਦਾ ਦਰਵਾਜ਼ਾ ਖੁਲ੍ਹਦਾ ਹੈ ਉਸ ਨੂੰ ਗੁਰੂ ਮਿਲਦਾ ਹੈ, ਤੇ ਗੁਰੂ ਦੀ ਰਾਹੀਂ ਉਹ ਮਨੁੱਖ ਪ੍ਰਭੂ ਚਰਨਾਂ ਵਿਚ ਜੁੜਦਾ ਹੈ ।

੧੫. ਮਾਇਆ ਦੇ ਮੋਹ ਵਿਚ ਫਸਿਆ ਮਨੁੱਖ ਪਰਮਾਤਮਾ ਦੀ ਯਾਦ ਤੋਂ ਖੁੰਝਿਆ ਰਹਿੰਦਾ ਹੈ । ਮਾਇਆ ਦੀ ਖ਼ਾਤਰ ਉਹ ਜ਼ਬਾਨ ਦਾ ਭੀ ਕੱਚਾ ਹੁੰਦਾ ਹੈ । ਅਜਿਹਾ ਮਨੁੱਖ ਆਤਮਕ ਮੌਤੇ ਮਰਿਆ ਰਹਿੰਦਾ ਹੈ, ਲੋਕ ਪਰਲੋਕ ਦੋਵੇਂ ਗਵਾ ਲੈਂਦਾ ਹੈ ।

੧੬. ਜਿਹੜਾ ਮਨੁੱਖ ਗੁਰੂ ਦੇ ਦੱਸੇ ਰਾਹ ਤੇ ਤੁਰ ਕੇ ਨਾਮ ਜਪਦਾ ਹੈ ਉਹ ਆਪ ਵਿਕਾਰ-ਲਹਿਰਾਂ ਭਰੇ ਸੰਸਾਰ-ਸਮੁੰਦਰ ਤੋਂ ਪਾਰ ਲੰਘ ਜਾਂਦਾ ਹੈ, ਆਪਣੇ ਸਾਥੀਆਂ ਨੂੰ ਭੀ ਵਿਕਾਰਾਂ ਤੋਂ ਬਚਾ ਲੈਂਦਾ ਹੈ । ਉਸ ਦੀ ਤ੍ਰਿਸ਼ਨਾ ਮਿਟ ਜਾਂਦੀ ਹੈ, ਉਹ ਦੁਨੀਆ ਦੇ ਲਾਲਚਾਂ ਵਿਚ ਨਹੀਂ ਫਸਦਾ ।

੧੭. ਇਹ ਸਾਰਾ ਦਿੱਸਦਾ ਜਗਤ ਨਾਸਵੰਤ ਹੈ । ਪਰ ਜਿਹੜਾ ਮਨੁੱਖ ਪਰਮਾਤਮਾ ਦੇ ਨਾਮ ਵਿਚ ਜੁੜਿਆ ਰਹਿੰਦਾ ਹੈ ਉਸ ਦਾ ਜੀਵਨ ਸਦਾ ਲਈ ਅਟੱਲ ਹੋ ਜਾਂਦਾ ਹੈ, ਉਹ ਜਨਮ ਮਰਨ ਦੇ ਗੇੜ ਵਿਚ ਨਹੀਂ ਪੈਂਦਾ ।

੧੮. ਤੀਰਥ-ਇਸ਼ਨਾਨੀ, ਧਰਮ-ਪੁਸਤਕਾਂ ਦੇ ਵਿਦਵਾਨ ਪਾਠੀ, ਛੇ ਭੇਖਾਂ ਦੇ ਸਾਧੂ, ਕਵੀ, ਜਤੀ ਸਤੀ ਸੰਨਿਆਸੀ—ਇਹ ਸਾਰੇ ਵਿਅਰਥ ਜੀਵਨ ਗੁਜ਼ਾਰ ਕੇ ਸੰਸਾਰ ਤੋਂ ਕੂਚ ਕਰ ਜਾਂਦੇ ਹਨ । ਭਾਗਾਂ ਵਾਲਾ ਜੀਵਨ ਹੁੰਦਾ ਹੈ ਪਰਮਾਤਮਾ ਦੀ ਭਗਤੀ ਕਰਨ ਵਾਲਿਆਂ ਦਾ ।

੧੯. ਸਾਧ ਸੰਗਤਿ ਵਿਚ ਟਿਕ ਕੇ ਪਰਮਾਤਮਾ ਦੀ ਕੀਤੀ ਹੋਈ ਸਿਫ਼ਤਿ-ਸਾਲਾਹ ਹੀ ਇਕ ਐਸਾ ਖ਼ਜ਼ਾਨਾ ਹੈ ਜੋ ਸਦਾ ਅਟੱਲ ਰਹਿੰਦਾ ਹੈ । ਪੂਰਬਲੇ ਜਨਮ ਵਿਚ ਕੀਤੇ ਭਲੇ ਕਰਮਾਂ ਦਾ ਲੇਖ ਜਿਸ ਦੇ ਮੱਥੇ ਉਤੇ ਉੱਘੜਦਾ ਹੈ, ਉਹ ਗੁਰੂ ਦੀ ਸਰਨ ਪੈ ਕੇ ਇਹ ਨਾਮ-ਖ਼ਜ਼ਾਨਾ ਇਕੱਠਾ ਕਰਦਾ ਹੈ ।

੨੦. ਗੁਰੂ ਜਿਸ ਮਨੁੱਖ ਨੂੰ ਪਰਮਾਤਮਾ ਦਾ ਨਾਮ-ਧਨ ਬਖ਼ਸ਼ਦਾ ਹੈ ਉਸ ਦਾ ਆਚਰਨ ਪਵਿੱਤਰ ਹੋ ਜਾਂਦਾ ਹੈ, ਉਸ ਦਾ ਮਨ ਵਿਕਾਰਾਂ ਵਾਲੇ ਪਾਸੇ ਨਹੀਂ ਡੋਲਦਾ, ਉਸ ਨੂੰ ਆਤਮਕ ਮੌਤ ਪੋਹ ਨਹੀਂ ਸਕਦੀ ।

੨੧. ਜਿਸ ਮਨੁੱਖ ਉਤੇ ਪਰਮਾਤਮਾ ਮਿਹਰ ਦੀ ਨਿਗਾਹ ਕਰਦਾ ਹੈ ਉਸ ਨੂੰ ਗੁਰੂ ਦੀ ਸਰਨ ਵਿਚ ਰੱਖ ਕੇ ਨਾਮ ਸਿਮਰਨ ਦੀ ਦਾਤਿ ਬਖ਼ਸ਼ਦਾ ਹੈ । ਉਸ ਦੀਆਂ ਮੂੰਹ-ਮੰਗੀਆਂ ਮੁਰਾਦਾਂ ਪੂਰੀਆਂ ਕਰਦਾ ਹੈ । ਸਾਰੇ ਸੁਖ ਉਸ ਦੇ ਦਾਸ ਬਣ ਜਾਂਦੇ ਹਨ ।

੨੨. ਪਰਮਾਤਮਾ ਨੇ ਜਿਸ ਮਨੁੱਖ ਨੂੰ ਗੁਰੂ ਦੀ ਸਰਨ ਬਖ਼ਸ਼ੀ, ਉਸ ਨੇ ਹਿਰਦੇ ਵਿਚ ਨਾਮ ਸਿਮਰਿਆ । ਉਹ ਪਰਮਾਤਮਾ ਦੀ ਮਿਹਰ ਦਾ ਪਾਤਰ ਬਣ ਗਿਆ । ਦੁਨੀਆ ਵਾਲੇ ਸਾਰੇ ਡਰ-ਸਹਿਮ ਉਸ ਦੇ ਅੰਦਰੋਂ ਮੁੱਕ ਗਏ । ਗੁਰੂ-ਜਹਾਜ਼ ਵਿਚ ਬੈਠ ਕੇ ਉਹ ਸੰਸਾਰ-ਸਮੁੰਦਰ ਤੋਂ ਪਾਰ ਲੰਘ ਗਿਆ ।

੨੩. ਜੀਵ ਦੇ ਆਪਣੇ ਵੱਸ ਦੀ ਗੱਲ ਨਹੀਂ । ਜਿਸ ਮਨੁੱਖ ਉਤੇ ਪਰਮਾਤਮਾ ਆਪ ਮਿਹਰ ਕਰਦਾ ਹੈ ਉਸੇ ਨੂੰ ਆਪਣੀ ਸਿਫ਼ਤਿ-ਸਾਲਾਹ ਵਿਚ ਜੋੜਦਾ ਹੈ ।

ਲੜੀ-ਵਾਰ ਭਾਵ—

(੧ ਤੋਂ ੫) ਜਗਤ, ਜਗਤ ਦੀ ਤ੍ਰੈ-ਗੁਣੀ ਮਾਇਆ, ਜਗਤ ਦੇ ਸਾਰੇ ਜੀਵ ਪਰਮਾਤਮਾ ਨੇ ਆਪ ਹੀ ਰਚੇ ਹਨ, ਤੇ, ਜਗਤ ਵਿਚ ਹਰ ਥਾਂ ਉਹ ਵਿਆਪਕ ਹੈ । ਪਰ ਜੀਵ ਨੂੰ ਉਹ ਇਨ੍ਹਾਂ ਅੱਖਾਂ ਨਾਲ ਨਹੀਂ ਦਿੱਸਦਾ । ਪਰਮਾਤਮਾ ਨੂੰ ਭੁਲਾ ਕੇ ਜੀਵ ਮਾਇਆ ਦੇ ਮੋਹ ਵਿਚ ਫਸੇ ਰਹਿੰਦੇ ਹਨ । ਉਸ ਦੀ ਆਪਣੀ ਹੀ ਮਿਹਰ ਨਾਲ ਜਿਹੜਾ ਮਨੁੱਖ ਗੁਰੂ ਦੀ ਸਰਨ ਪੈ ਕੇ ਉਸ ਦਾ ਨਾਮ ਜਪਦਾ ਹੈ ਉਹ ਵਿਕਾਰਾਂ ਦੇ ਢਹੇ ਚੜ੍ਹਨੋਂ ਬਚ ਜਾਂਦਾ ਹੈ । ਇਹ ਮਰਯਾਦਾ ਪਰਮਾਤਮਾ ਨੇ ਆਪ ਹੀ ਬਣਾਈ ਹੈ । ਇਹੀ ਹੈ ਇਕੋ ਇਕ ਰਸਤਾ ਮਾਇਆ ਦੇ ਮੋਹ ਤੋਂ ਬਚਣ ਦਾ ।

(੬ ਤੋਂ ੧੦) ਇਹ ਜਗਤ ਇਕ ਅਖਾੜਾ ਹੈ । ਇਸ ਵਿਚ ਕਾਮਾਦਿਕ ਠੱਗ ਜੀਵਾਂ ਦੇ ਆਤਮਕ ਜੀਵਨ ਨੂੰ ਲੁੱਟੀ ਜਾ ਰਹੇ ਹਨ । ਮਨੁੱਖ ਜੀਵਨ ਦੀ ਬਾਜ਼ੀ ਹਾਰਦਾ ਜਾਂਦਾ ਹੈ । ਪਰਮਾਤਮਾ ਦੀ ਮਿਹਰ ਨਾਲ ਜਿਹੜਾ ਮਨੁੱਖ ਗੁਰੂ ਦੀ ਸਰਨ ਪੈ ਕੇ ਨਾਮ ਜਪਦਾ ਹੈ, ਉਹ ਇਹਨਾਂ ਦੇ ਢਹੇ ਨਹੀਂ ਚੜ੍ਹਦਾ ।

(੧੧ ਤੋਂ ੧੫) ਧਾਰਮਿਕ ਪਹਿਰਾਵੇ, ਵਰਤ, ਤਿਲਕ-ਇਸ਼ਨਾਨ ਆਦਿਕ ਮਨੁੱਖ ਨੂੰ ਵਿਕਾਰਾਂ ਦੀ ਮਾਰ ਤੋਂ ਬਚਾ ਨਹੀਂ ਸਕਦੇ । ਜਿਸ ਮਨੁੱਖ ਉਤੇ ਪ੍ਰਭੂ ਦੀ ਮਿਹਰ ਦਾ ਦਰਵਾਜ਼ਾ ਖੁਲ੍ਹਦਾ ਹੈ ਉਹ ਗੁਰੂ ਦੀ ਸਰਨ ਪੈ ਕੇ ਪ੍ਰਭੂ ਦਾ ਨਾਮ ਸਿਮਰਦਾ ਹੈ ਤੇ ਮਾਇਆ ਦੇ ਹੱਲਿਆਂ ਤੋਂ ਬਚਿਆ ਰਹਿੰਦਾ ਹੈ ।

(੧੬ ਤੋਂ ੨੩) ਜਗਤ ਨਾਸਵੰਤ ਹੈ । ਜੋ ਇਥੇ ਆਇਆ ਉਹ ਆਖ਼ਰ ਕੂਚ ਕਰ ਗਿਆ । ਇਥੇ ਕਾਮਯਾਬ ਜੀਵਨ ਵਾਲਾ ਸਿਰਫ਼ ਉਹੀ ਬਣਿਆ ਜਿਸ ਨੇ ਗੁਰੂ ਦੀ ਸਰਨ ਪੈ ਕੇ ਹਰਿ-ਨਾਮ ਜਪਿਆ । ਪਰ ਇਹ ਗੱਲ ਮਨੁੱਖ ਦੇ ਆਪਣੇ ਵੱਸ ਦੀ ਨਹੀਂ । ਪਰਮਾਤਮਾ ਆਪ ਹੀ ਮਿਹਰ ਕਰ ਕੇ ਮਨੁੱਖ ਨੂੰ ਗੁਰੂ ਦੀ ਸਰਨ ਵਿਚ ਰੱਖ ਕੇ ਆਪਣੇ ਨਾਮ ਵਿਚ ਜੋੜਦਾ ਹੈ ।

ਮੁੱਖ-ਭਾਵ—

ਪਰਮਾਤਮਾ ਇਹ ਜਗਤ-ਰਚਨਾ ਕਰ ਕੇ ਇਸ ਵਿਚ ਹਰ ਥਾਂ ਮੌਜੂਦ ਹੈ । ਪਰ ਜੀਵਾਂ ਨੂੰ ਇਹਨਾਂ ਅੱਖਾਂ ਨਾਲ ਦਿੱਸਦਾ ਨਹੀਂ । ਉਸ ਦੀ ਯਾਦ ਭੁਲਾ ਕੇ ਜੀਵ ਮਾਇਆ ਦੇ ਮੋਹ ਵਿਚ ਫਸਿਆ ਰਹਿੰਦਾ ਹੈ, ਵਿਕਾਰਾਂ ਦੇ ਵਹੇ ਚੜ੍ਹਿਆ ਰਹਿੰਦਾ ਹੈ । ਜਗਤ ਦਾ ਅਖੌਤੀ ਤਿਆਗ, ਤੀਰਥ-ਇਸ਼ਨਾਨ, ਧਾਰਮਿਕ ਪਹਿਰਾਵੇ—ਅਜੇਹੇ ਕੋਈ ਭੀ ਉੱਦਮ ਮਨੁੱਖ ਨੂੰ ਮਾਇਆ ਦੀ ਮਾਰ ਤੋਂ ਨਹੀਂ ਬਚਾ ਸਕਦੇ । ਜਿਸ ਉਤੇ ਉਸ ਦੀ ਆਪਣੀ ਹੀ ਮਿਹਰ ਹੋਵੇ, ਉਹ ਗੁਰੂ ਦੀ ਸਰਨ ਪੈ ਕੇ ਉਸ ਦਾ ਨਾਮ ਜਪਦਾ ਹੈ ਆਪਣਾ ਜੀਵਨ ਕਾਮਯਾਬ ਬਣਾਂਦਾ ਹੈ ।

'ਵਾਰ ਦੀ ਬਣਤਰ'

ਇਸ 'ਵਾਰ' ਵਿਚ ੨੩ ਪਉੜੀਆਂ ਹਨ । ਹਰੇਕ ਪਉੜੀ ਦੀਆਂ ਅੱਠ ਅੱਠ ਤੁਕਾਂ ਹਨ । ਹਰੇਕ ਪਉੜੀ ਦੇ ਨਾਲ ਤਿੰਨ ਤਿੰਨ ਸ਼ਲੋਕ ਹਨ । ਹਰੇਕ ਸ਼ਲੋਕ ਦੀਆਂ ਦੋ ਦੋ ਤੁਕਾਂ ਹਨ । ਸਿਰਫ਼ ਪਉੜੀ ਨੰ: ੨੧ ਅਤੇ ੨੨ ਦੇ ਨਾਲ ਤੀਜਾ ਸ਼ਲੋਕ ਤਿੰਨ ਤਿੰਨ ਤੁਕਾਂ ਵਾਲਾ ਹੈ ।

ਇਹਨਾਂ ਪਉੜੀਆਂ ਵਿਚ ਲਫ਼ਜ਼ 'ਨਾਨਕ' ਹੇਠ-ਲਿਖੀਆਂ ਪਉੜੀਆਂ ਦੇ ਅਖ਼ੀਰ ਵਿਚ ਹੈ—ਨੰ: ੫, ੧੦, ੧੫, ੨੨ ਅਤੇ ੨੩ । ਲਫ਼ਜ਼ 'ਨਾਨਕ' ਦੀ ਵਰਤੋਂ ਨੂੰ ਸਾਹਮਣੇ ਰੱਖ ਕੇ ਸਾਰੀ 'ਵਾਰ' ਨੂੰ ਪੜ੍ਹਿਆਂ ਇਹ ਸਮਝ ਪੈ ਜਾਂਦੀ ਹੈ ਕਿ ਇਸ 'ਵਾਰ' ਦਾ ਲੜੀ ਵਾਰ ਭਾਵ ਚਾਰ ਹਿੱਸਿਆਂ ਵਿਚ ਵੰਡਿਆ ਹੋਇਆ ਹੈ ।

ਹੁਣ ਵੇਖੋ ਪਉੜੀਆਂ ਦੀ ਅਤੇ ਸ਼ਲੋਕਾਂ ਦੀ ਬੋਲੀ । ਸਾਰੇ ਹੀ ਸ਼ਲੋਕ ਲਹਿੰਦੀ ਬੋਲੀ ਦੇ ਹਨ । ਸਿਰਲੇਖ 'ਸਲੋਕ ਡਖਣੇ' ਭੀ ਇਹੀ ਦੱਸਦਾ ਹੈ । ਸਾਰੇ ਸਲੋਕ ਧਿਆਨ ਨਾਲ ਪੜ੍ਹ ਵੇਖੋ । ਆਪੋ ਵਿਚ ਇਹਨਾਂ ਦੇ ਕਈ ਲਫ਼ਜ਼ ਮਿਲਦੇ ਹਨ । ਇਹ ਸਾਂਝ ਇਹ ਜ਼ਾਹਰ ਕਰਦੀ ਹੈ ਕਿ ਸ਼ਲੋਕ ਇਕੋ ਵਕਤ ਦੇ ਲਿਖੇ ਹੋਏ ਹਨ । ਪਉੜੀਆਂ ਦੀ ਬੋਲੀ ਨਾਲ ਇਹਨਾਂ ਸ਼ਲੋਕਾਂ ਦੀ ਬੋਲੀ ਉੱਕਾ ਹੀ ਨਹੀਂ ਮਿਲਦੀ । ਸਾਰੀ 'ਵਾਰ' ਦੀਆਂ ਪਉੜੀਆਂ ਪਹਿਲਾਂ ਵੱਖ ਲਿਖੀਆਂ ਗਈਆਂ ਹਨ ।

ਜੈਤਸਰੀ ਕੀ ਵਾਰ ਅਤੇ ਮਾਰੂ ਕੀ ਵਾਰ ਦਾ ਟਾਕਰਾ

ਜੈਤਸਰੀ ਕੀ ਵਾਰ ਭੀ ਗੁਰੂ ਅਰਜਨ ਸਾਹਿਬ ਦੀ ਹੈ ਜਿਵੇਂ ਮਾਰੂ ਕੀ ਵਾਰ । ਉਸ 'ਵਾਰ' ਵਿਚ ੨੦ ਪਉੜੀਆਂ ਹਨ । ਪਉੜੀ ਨੰ: ੫, ੧੦, ੧੫ ਅਤੇ ੨੦ ਦੇ ਅਖ਼ੀਰ ਵਿਚ ਲਫ਼ਜ਼ 'ਨਾਨਕ' ਵਰਤਿਆ ਹੋਇਆ ਹੈ । ਇਸ ਦਾ ਭਾਵ ਇਹ ਹੈ ਕਿ ਇਸ 'ਵਾਰ' ਦਾ ਲੜੀ-ਵਾਰ ਭਾਵ ਚਾਰ ਹਿੱਸਿਆਂ ਵਿਚ ਵੰਡਿਆ ਹੋਇਆ ਹੈ ।

ਹੁਣ ਵੇਖੋ ਸ਼ਲੋਕਾਂ ਅਤੇ ਪਉੜੀਆਂ ਦੀ ਬੋਲੀ । ਸਾਰੇ ਸ਼ਲੋਕ ਸਹਸਕ੍ਰਿਤੀ ਬੋਲੀ ਵਿਚ ਹਨ, ਤੇ ਪਉੜੀਆਂ ਠੇਠ ਪੰਜਾਬੀ ਵਿਚ । ਪਰ ਮਾਰੂ ਕੀ ਵਾਰ ਵਾਂਗ ਇਥੇ ਅਸੀ ਇਹ ਨਹੀਂ ਕਹਿ ਸਕਦੇ ਕਿ ਪਉੜੀਆਂ ਵੱਖ ਲਿਖੀਆਂ ਹਨ ਤੇ ਸ਼ਲੋਕ ਵੱਖ । ਧਿਆਨ ਨਾਲ ਪੜ੍ਹ ਕੇ ਵੇਖੋ । ਜੋ ਲਫ਼ਜ਼ ਸ਼ਲੋਕਾਂ ਵਿਚ ਵਰਤੇ ਹਨ, ਜੋ ਖ਼ਿਆਲ ਸ਼ਲੋਕਾਂ ਵਿਚ ਦਿੱਤੇ ਹਨ, ਉਹੀ ਖ਼ਿਆਲ ਪਉੜੀ ਵਿਚ ਦੁਹਰਾਏ ਹਨ, ਉਹੀ ਲਫ਼ਜ਼ ਪਉੜੀ ਵਿਚ ਆਏ ਹਨ । ਹਾਂ, ਬੋਲੀ ਬਦਲ ਗਈ ਹੈ । ਸੋ, 'ਜੈਤਸਰੀ ਕੀ ਵਾਰ' ਬਾਰੇ ਯਕੀਨੀ ਤੌਰ ਤੇ ਕਿਹਾ ਜਾ ਸਕਦਾ ਹੈ ਕਿ ਹਰੇਕ ਸ਼ਲੋਕ-ਜੁੱਟ ਅਤੇ ਉਹਨਾਂ ਦੇ ਨਾਲ ਦੀ ਪਉੜੀ ਨਾਲੋ ਨਾਲ ਹੀ ਲਿਖੇ ਗਏ ਹਨ ।

'ਜੈਤਸਰੀ ਕੀ ਵਾਰ' ਦੀ ਹਰੇਕ ਪਉੜੀ ਵਿਚ ਪੰਜ ਪੰਜ ਤੁਕਾਂ ਹਨ । ਹਰੇਕ ਪਉੜੀ ਦੇ ਨਾਲ ਦੋ ਦੋ ਸ਼ਲੋਕ ਹਨ । ਹਰੇਕ ਸ਼ਲੋਕ ਵਿਚ ਦੋ ਦੋ ਤੁਕਾਂ ਹਨ । ਪਰ ਪਉੜੀ ਨੰ: ੧੧ ਦੇ ਪਹਿਲੇ ਸ਼ਲੋਕ ਦੀਆਂ ਤਿੰਨ ਤੁਕਾਂ ਹਨ ।

ਨੋਟ :—ਪਾਠਕਾਂ ਦੀ ਸਹੂਲਤ ਵਾਸਤੇ ਇਥੇ ਜੈਤਸਰੀ ਦੀ ਵਾਰ ਦਾ ਭੀ ਪਉੜੀ-ਵਾਰ, ਲੜੀ-ਵਾਰ ਅਤੇ ਮੁੱਖ ਭਾਵ ਦਿੱਤਾ ਜਾਂਦਾ ਹੈ । ਉਸ 'ਵਾਰ' ਦੇ ਟੀਕੇ ਨਾਲ ਨਹੀਂ ਸੀ ਦਿੱਤਾ ਗਿਆ ।

ਜੈਤਸਰੀ ਕੀ ਵਾਰ ਮ: ੫

ਪਉੜੀ-ਵਾਰ ਭਾਵ :—

੧. ਸਭ ਤਾਕਤਾਂ ਦਾ ਮਾਲਕ ਪਰਮਾਤਮਾ ਇਹ ਸਾਰੀ ਜਗਤ-ਰਚਨਾ ਰਚ ਕੇ ਆਪ ਹੀ ਇਸ ਵਿਚ ਹਰ ਥਾਂ ਮੌਜੂਦ ਹੈ । ਇਹ ਸੂਝ ਪਰਮਾਤਮਾ ਆਪ ਹੀ ਜੀਵ ਨੂੰ ਬਖ਼ਸ਼ਦਾ ਹੈ । ਉਸ ਪਰਮਾਤਮਾ ਦੀ ਸਿਫ਼ਤਿ-ਸਾਲਾਹ ਕਰਨੀ ਮਨੁੱਖ ਦਾ ਜੀਵਨ-ਮਨੋਰਥ ਹੈ ।

੨. ਪਰਮਾਤਮਾ ਦੀ ਸਿਫ਼ਤਿ-ਸਾਲਾਹ ਭੁਲਾ ਕੇ ਮਨੁੱਖ ਦੀ ਜ਼ਿੰਦਗੀ ਸੁਖੀ ਨਹੀਂ ਹੋ ਸਕਦੀ । ਇਸ ਤਰ੍ਹਾਂ ਮਨੁੱਖ ਜੀਵਨ-ਬਾਜ਼ੀ ਹਾਰ ਕੇ ਇਥੋਂ ਜਾਂਦਾ ਹੈ ।

੩. ਜਿੰਦ, ਪ੍ਰਾਣ, ਸਰੀਰ, ਧਨ, ਸੁਆਦਲੇ ਪਦਾਰਥ, ਘਰ, ਇਸਤ੍ਰੀ, ਪੁੱਤਰ—ਇਹ ਸਭ ਕੁਝ ਦੇਣ ਵਾਲੇ ਪਰਮਾਤਮਾ ਨੂੰ ਮਨੋਂ ਕਦੇ ਭੁਲਾਣਾ ਨਹੀਂ ਚਾਹੀਦਾ । ਉਸ ਦਾ ਸਿਮਰਨ ਕੀਤਿਆਂ ਜੀਵਨ ਸੁਖੀ ਗੁਜ਼ਰਦਾ ਹੈ ।

੪. ਇਹ ਸਭ ਕੁਝ ਦੇਣ ਵਾਲੇ ਪਰਮਾਤਮਾ ਨੂੰ ਭੁਲਾ ਦੇਣਾ ਅਕਿਰਤਘਣਾਂ ਵਾਲਾ ਜੀਵਨ ਹੈ । ਇਹਨਾਂ ਪਦਾਰਥਾਂ ਦਾ ਕੀਹ ਮਾਣ? ਜਿੰਦ ਨਿਕਲਦਿਆਂ ਹੀ ਇਹ ਸਰੀਰ ਸੁਆਹ ਦੀ ਢੇਰੀ ਹੋ ਜਾਂਦਾ ਹੈ । ਦੁਨੀਆ ਵਾਲੇ ਪਦਾਰਥ ਇਥੇ ਹੀ ਰਹਿ ਜਾਂਦੇ ਹਨ ।

੫. ਦੁਨੀਆ ਦੇ ਪਦਾਰਥਾਂ ਦਾ ਮੋਹ ਤਾਂ ਸਹਿਮ ਦਾ ਕਾਰਨ ਬਣਦਾ ਹੈ । ਪਰਮਾਤਮਾ ਦਾ ਨਾਮ ਹੀ ਦੁੱਖਾਂ ਸਹਿਮਾਂ ਦਾ ਨਾਸ ਕਰਨ ਵਾਲਾ ਹੈ, ਤੇ ਸਦਾ ਦਾ ਸਾਥੀ ਹੈ । ਪਰਮਾਤਮਾ ਪਾਸੋਂ ਉਸ ਦੇ ਨਾਮ ਦੀ ਦਾਤਿ ਹੀ ਮੰਗਿਆ ਕਰੋ ।

੬. ਦੁਨੀਆ ਦੇ ਸਾਰੇ ਭੋਗ-ਪਦਾਰਥ ਮਨੁੱਖ ਨੂੰ ਮਿਲੇ ਹੋਏ ਹੋਣ, ਪਰ ਜੇ ਉਹ ਇਹ ਪਦਾਰਥ ਦੇਣ ਵਾਲੇ ਪਰਮਾਤਮਾ ਨੂੰ ਭੁਲਾ ਰਿਹਾ ਹੈ, ਤਾਂ ਉਸ ਨੂੰ ਗੰਦ ਦਾ

ਕੀੜਾ ਹੀ ਸਮਝੋ । ਨਾਮ ਤੋਂ ਬਿਨਾ ਆਤਮਕ ਸੁਖ ਨਹੀਂ ਹੈ ।

੭. ਪਰ ਦੂਜੇ ਪਾਸੇ, ਜੇ ਮਨੁੱਖ ਟੁੱਟੀ ਹੋਈ ਕੁੱਲੀ ਵਿਚ ਰਹਿੰਦਾ ਹੋਵੇ, ਉਸ ਦੇ ਕੱਪੜੇ ਪਾਟੇ ਹੋਏ ਹੋਣ, ਪੱਲੇ ਧਨ ਨਾਹ ਹੋਵੇ, ਕੋਈ ਸਾਕ-ਸੈਣ ਭੀ ਨਾਹ ਹੋਣ, ਪਰ ਜੇ ਉਹ ਪਰਮਾਤਮਾ ਦੇ ਨਾਮ ਵਿਚ ਭਿੱਜਾ ਹੋਇਆ ਹੈ ਤਾਂ ਉਸ ਨੂੰ ਧਰਤੀ ਦਾ ਰਾਜਾ ਸਮਝੋ । ਉਸ ਦੇ ਚਰਨਾਂ ਦੀ ਧੂੜ ਨਾਲ ਮਨ ਵਿਕਾਰਾਂ ਤੋਂ ਬਚਦਾ ਹੈ ।

੮. ਦੁਨੀਆ ਦੇ ਮੌਜ-ਮੇਲਿਆਂ ਵਿਚ ਪਰਮਾਤਮਾ ਨੂੰ ਭੁਲਾ ਦੇਣ ਨਾਲ ਸਾਰੀ ਉਮਰ ਅਜਾਈਂ ਹੀ ਜਾਂਦੀ ਹੈ ।

੯. ਇਹ ਸਭ ਪਦਾਰਥ ਨਾਸਵੰਤ ਹਨ । ਇਹਨਾਂ ਨੂੰ ਸਦਾ ਟਿਕੇ ਰਹਿਣ ਵਾਲੇ ਨਾਹ ਸਮਝੋ । ਇਹਨਾਂ ਦੀ ਖ਼ਾਤਰ ਕਾਮਾਦਿਕ ਵਿਕਾਰਾਂ ਵਿਚ ਝੱਲੇ ਨਾਹ ਹੋਏ ਫਿਰੋ ।

੧੦. ਇਹ ਇਕੱਠੀ ਕੀਤੀ ਹੋਈ ਮਾਇਆ ਜਗਤ ਤੋਂ ਤੁਰਨ ਵੇਲੇ ਮਨੁੱਖ ਦੇ ਨਾਲ ਨਹੀਂ ਜਾਂਦੀ । ਪਰਮਾਤਮਾ ਨੂੰ ਵਿਸਾਰਿਆਂ ਨਿਰੀ ਮਾਇਆ ਨਾਲ ਮਨੁੱਖ ਰੱਜਦਾ ਭੀ ਨਹੀਂ ।

੧੧. ਪਰਮਾਤਮਾ ਦੀ ਭਗਤੀ ਕਰਨ ਵਾਲੇ ਮਨੁੱਖਾਂ ਨੂੰ ਨਾਮ ਦੇ ਟਾਕਰੇ ਤੇ ਦੁਨੀਆ ਦੇ ਸਾਰੇ ਪਦਾਰਥ ਬੇ-ਸੁਆਦੇ ਜਾਪਦੇ ਹਨ । ਗੁਰੂ ਦੀ ਕਿਰਪਾ ਨਾਲ ਉਹਨਾਂ ਦੇ ਅੰਦਰੋਂ ਆਤਮਕ ਜੀਵਨ ਵਲੋਂ ਹਨੇਰਾ ਦੂਰ ਹੋ ਜਾਂਦਾ ਹੈ । ਉਹਨਾਂ ਦਾ ਮਨ ਪ੍ਰਭੂ-ਚਰਨਾਂ ਵਿਚ ਪ੍ਰੋਤਾ ਰਹਿੰਦਾ ਹੈ ।

੧੨. ਜਿਵੇਂ ਮੱਛੀ ਪਾਣੀ ਤੋਂ ਬਿਨਾ, ਚਾਤ੍ਰਿਕ ਮੀਂਹ ਦੀ ਬੂੰਦ ਤੋਂ ਬਿਨਾ, ਭੌਰਾ ਫੁੱਲ ਤੋਂ ਬਿਨਾ ਨਹੀਂ ਰਹਿ ਸਕਦਾ, ਤਿਵੇਂ ਸੰਤ ਜਨ ਪ੍ਰਭੂ ਦੀ ਯਾਦ ਤੋਂ ਬਿਨਾ ਨਹੀਂ ਰਹਿ ਸਕਦੇ ।

੧੩. ਪਰਮਾਤਮਾ ਦੇ ਭਗਤ ਸਦਾ ਪਰਮਾਤਮਾ ਦੇ ਦਰਸਨ ਵਾਸਤੇ ਹੀ ਅਰਜ਼ੋਈਆਂ ਕਰਦੇ ਹਨ ।

੧੪. ਭਾਗਾਂ ਵਾਲੇ ਹਨ ਉਹ ਮਨੁੱਖ ਜੋ ਪਰਮਾਤਮਾ ਦੀ ਸਿਫ਼ਤਿ-ਸਾਲਾਹ ਸੁਣਦੇ ਹਨ, ਜਿਨ੍ਹਾਂ ਦੇ ਹੱਥ ਪ੍ਰਭੂ ਦੀ ਸਿਫ਼ਤਿ-ਸਾਲਾਹ ਲਿਖਦੇ ਹਨ, ਜਿਨ੍ਹਾਂ ਦੇ ਪੈਰ ਸਾਧ-ਸੰਗਤਿ ਵਾਲੇ ਪਾਸੇ ਤੁਰਦੇ ਹਨ ।

੧੫. ਪ੍ਰਭੂ ਦੀ ਭਗਤੀ ਕਰਨ ਵਾਲੇ ਬੰਦਿਆਂ ਨੂੰ ਜ਼ਿੰਦਗੀ ਦਾ ਉਹੀ ਸਮਾ ਭਾਗਾਂ ਵਾਲਾ ਜਾਪਦਾ ਹੈ ਜਦੋਂ ਉਹ ਪ੍ਰਭੂ ਦੀ ਯਾਦ ਵਿਚ ਜੁੜਦੇ ਹਨ । ਉਹ ਜਾਣਦੇ ਹਨ ਕਿ ਚੰਗੇ ਭਾਗਾਂ ਨਾਲ ਹੀ ਸਾਧ ਸੰਗਤਿ ਦਾ ਮਿਲਾਪ ਹੁੰਦਾ ਹੈ ਜਿਥੇ ਪਰਮਾਤਮਾ ਦੀ ਸਿਫ਼ਤਿ-ਸਾਲਾਹ ਵਿਚ ਟਿਕ ਸਕੀਦਾ ਹੈ ।

੧੬. ਭਗਤੀ ਕਰਨ ਵਾਲਿਆਂ ਨਾਲ ਪਿਆਰ ਕਰਨਾ, ਤੇ ਵਿਕਾਰਾਂ ਵਿਚ ਡਿੱਗਿਆਂ ਨੂੰ ਬਚਾਣਾ—ਪਰਮਾਤਮਾ ਦਾ ਇਹ ਮੁੱਢ-ਕਦੀਮਾਂ ਦਾ ਸੁਭਾਉ ਹੈ ।

੧੭. ਪਰਮਾਤਮਾ ਦਾ ਨਾਮ ਸਿਮਰਿਆਂ ਮਨੁੱਖ ਦਾ ਮਨ ਸ਼ਾਂਤ ਰਹਿੰਦਾ ਹੈ, ਮਾਇਆ ਦੀ ਤਪਸ਼ ਤੋਂ ਬਚਿਆ ਰਹਿੰਦਾ ਹੈ ।

੧੮. ਪਰਮਾਤਮਾ ਦੇ ਸਿਮਰਨ ਦੀ ਬਰਕਤਿ ਨਾਲ ਮਨੁੱਖ ਉਤੇ ਮਾਇਆ ਜ਼ੋਰ ਨਹੀਂ ਪਾ ਸਕਦੀ ।

੧੯. ਗੁਰੂ ਦੀ ਸਰਨ ਵਿਚ ਰਹਿ ਕੇ ਪਰਮਾਤਮਾ ਦੀ ਭਗਤੀ ਕੀਤੀ ਜਾ ਸਕਦੀ ਹੈ । ਗੁਰੂ ਨੀਵਿਆਂ ਤੋਂ ਉੱਚੇ ਕਰ ਦੇਂਦਾ ਹੈ ।

੨੦. ਸਿਮਰਨ ਦੀ ਦਾਤਿ ਵਾਸਤੇ ਸਦਾ ਪਰਮਾਤਮਾ ਦੇ ਦਰ ਤੇ ਅਰਦਾਸ ਕਰਦੇ ਰਹੋ ।

ਲੜੀ-ਵਾਰ ਭਾਵ—

੧. (੧ ਤੋਂ ੫) ਦੁਨੀਆ ਦੇ ਸਾਰੇ ਪਦਾਰਥ ਦੇਣ ਵਾਲੇ ਪਰਮਾਤਮਾ ਦੀ ਯਾਦ ਭੁਲਾਣੀ ਅਕਿਰਤਘਣਾਂ ਵਾਲਾ ਜੀਵਨ ਹੈ ।

੨. (੬ ਤੋਂ ੧੦) ਦੁਨੀਆ ਦੇ ਮੌਜ-ਮੇਲਿਆਂ ਵਿਚ ਪਰਮਾਤਮਾ ਨੂੰ ਭੁਲਾਇਆਂ ਜੀਵਨ ਅਜਾਈਂ ਚਲਾ ਜਾਂਦਾ ਹੈ ।

੩. (੧੧ ਤੋਂ ੧੫) ਪਰਮਾਤਮਾ ਦੇ ਭਗਤ ਨੂੰ ਨਾਮ ਦੇ ਟਾਕਰੇ ਤੇ ਦੁਨੀਆ ਦੇ ਪਦਾਰਥ ਬੇ-ਸੁਆਦੇ ਜਾਪਦੇ ਹਨ ।

੪. (੧੬ ਤੋਂ ੨੦) ਨਾਮ ਸਿਮਰਿਆਂ ਮਨ ਵਿਕਾਰਾਂ ਦੇ ਹੱਲਿਆਂ ਤੋਂ ਬਚਿਆ ਰਹਿੰਦਾ ਹੈ; ਪਰ ਇਹ ਨਾਮ ਗੁਰੂ ਪਾਸੋਂ ਹੀ ਮਿਲਦਾ ਹੈ ।

ਮੁੱਖ-ਭਾਵ—

ਪਰਮਾਤਮਾ ਦਾ ਨਾਮ ਸਿਮਰਨਾ ਹੀ ਮਨੁੱਖਾ ਜੀਵਨ ਦਾ ਅਸਲ ਮਨੋਰਥ ਹੈ । ਇਹ ਨਾਮ ਗੁਰੂ ਦੀ ਸਰਨ ਪਿਆਂ ਮਿਲਦਾ ਹੈ ।

'ਮਾਰੂ ਕੀ ਵਾਰ' ਬਾਰੇ ਜ਼ਰੂਰੀ ਨੋਟ—

ਪਾਠਕ ਸੱਜਣ ਇਹ ਚੇਤੇ ਰੱਖਣ ਕਿ ਗੁਰੂ ਅਰਜਨ ਸਾਹਿਬ ਦੀ ਇਹ 'ਵਾਰ' ਮਾਰੂ ਰਾਗ ਵਿਚ ਦਰਜ 'ਮਾਰੂ ਕੀ ਵਾਰ' ਹੈ 'ਡੱਖਣੇ ਕੀ ਵਾਰ' ਨਹੀਂ ਹੈ । 'ਡਖਣੇ' ਤਾਂ ਸਿਰਫ਼ ਸ਼ਲੋਕ ਹਨ, 'ਲਹਿੰਦੀ' ਬੋਲੀ ਵਿਚ ਸ਼ਲੋਕ ।

ਮਾਰੂ ਵਾਰ ਮਹਲਾ ੫ ਡਖਣੇ ਮਃ ੫

ੴ ਸਤਿਗੁਰ ਪ੍ਰਸਾਦਿ ॥ ਤੂ ਚਉ ਸਜਣ ਮੈਡਿਆ, ਡੇਈ ਸਿਸੁ ਉਤਾਰਿ ॥ ਨੈਣ ਮਹਿੰਜੇ ਤਰਸਦੇ, ਕਦਿ ਪਸੀ ਦੀਦਾਰੁ ॥੧॥ {ਪੰਨਾ ੧੦੯੪}

ਪਦ ਅਰਥ :—ਚਉ—ਕਹੁ, ਦੱਸ । ਸਜਣ ਮੈਡਿਆ—ਹੇ ਮੇਰੇ ਸੱਜਣ! ਡੇਈ—ਡੇਈਂ, ਮੈਂ ਦਿਆਂ । ਸਿਸੁ—ਸੀਸ, ਸਿਰ । ਮਹਿੰਜੇ—ਮੇਰੇ । ਪਸੀ—ਪੱਸੀਂ, ਮੈਂ ਵੇਖਾਂ ।

ਅਰਥ :—ਹੇ ਮੇਰੇ ਸੱਜਣ! ਤੂੰ ਆਖ (ਭਾਵ, ਜੇ ਤੂੰ ਆਖੇਂ ਤਾਂ) ਮੈਂ ਆਪਣਾ ਸਿਰ ਭੀ ਲਾਹ ਕੇ ਭੇਟ ਕਰ ਦਿਆਂ, ਮੇਰੀਆਂ ਅੱਖਾਂ ਤਰਸ ਰਹੀਆਂ ਹਨ, ਮੈਂ ਕਦੋਂ ਤੇਰਾ ਦਰਸਨ ਕਰਾਂਗੀ ।੧।

ਮਃ ੫ ॥ ਨੀਹੁ ਮਹਿੰਜਾ ਤਊ ਨਾਲਿ, ਬਿਆ ਨੇਹ ਕੂੜਾਵੇ ਡੇਖੁ ॥ ਕਪੜ ਭੋਗ ਡਰਾਵਣੇ, ਜਿਚਰੁ ਪਿਰੀ ਨ ਡੇਖੁ ॥੨॥ {ਪੰਨਾ ੧੦੯੪}

ਪਦ ਅਰਥ :—ਨੀਹ—ਪ੍ਰੇਮ । ਤਊ ਨਾਲਿ—ਤੇਰੇ ਨਾਲ । ਬਿਆ—ਦੂਜੇ । ਕੂੜਾਵੇ—ਝੂਠੇ । ਡੇਖੁ—ਮੈਂ ਵੇਖ ਲਏ ਹਨ । ਪਿਰੀ—ਖਸਮ-ਪ੍ਰਭੂ ।

ਅਰਥ :—ਹੇ ਪ੍ਰਭੂ! ਮੇਰਾ ਪਿਆਰ (ਹੁਣ ਸਿਰਫ਼) ਤੇਰੇ ਨਾਲ ਹੈ, ਦੂਜੇ ਪਿਆਰ ਮੈਂ ਝੂਠੇ ਵੇਖ ਲਏ ਹਨ (ਮੈਂ ਵੇਖ ਲਿਆ ਹੈ ਕਿ ਦੂਜੇ ਪਿਆਰ ਝੂਠੇ ਹਨ) । ਜਿਤਨਾ ਚਿਰ ਮੈਨੂੰ ਪਤੀ ਦਾ ਦਰਸ਼ਨ ਨਹੀਂ ਹੁੰਦਾ, ਦੁਨੀਆ ਵਾਲੇ ਖਾਣੇ ਪਹਿਨਣੇ ਮੈਨੂੰ ਡਰਾਉਣ ਲੱਗਦੇ ਹਨ ।੨।

ਮਃ ੫ ॥ ਉਠੀ ਝਾਲੂ ਕੰਤੜੇ, ਹਉ ਪਸੀ ਤਉ ਦੀਦਾਰੁ ॥ ਕਾਜਲੁ ਹਾਰ ਤਮੋਲ ਰਸੁ, ਬਿਨੁ ਪਸੇ ਹਭਿ ਰਸ ਛਾਰੁ ॥੩॥ {ਪੰਨਾ ੧੦੯੪}

ਪਦ ਅਰਥ :—ਉਠੀ—ਉੱਠੀਂ, ਮੈਂ ਉੱਠਾਂ । ਝਾਲੂ—ਝਲਾਂਗੇ, ਸਵੇਰੇ । ਕੰਤੜੇ—ਹੇ ਸੋਹਣੇ ਕੰਤ! ਹਉ—ਮੈਂ । ਪਸੀ—ਪੱਸੀਂ, ਵੇਖਾਂ । ਕਾਜਲੁ—ਕੱਜਲ, ਸੁਰਮਾ । ਤਮੋਲ—ਪਾਨ । ਹਭਿ—ਸਾਰੇ । ਛਾਰੁ—ਸੁਆਹ ।

ਅਰਥ :—ਹੇ ਸੋਹਣੇ ਕੰਤ! ਸਵੇਰੇ ਉੱਠਾਂ ਤੇ (ਪਹਿਲਾਂ) ਤੇਰਾ ਦਰਸਨ ਕਰਾਂ । ਤੇਰਾ ਦਰਸਨ ਕਰਨ ਤੋਂ ਬਿਨਾ ਕੱਜਲ ਹਾਰ ਪਾਨ ਦਾ ਰਸ—ਇਹ ਸਾਰੇ ਹੀ ਰਸ ਸੁਆਹ ਸਮਾਨ ਹਨ ।੩।

ਪਉੜੀ ॥ ਤੂ ਸਚਾ ਸਾਹਿਬੁ ਸਚੁ ਸਚੁ ਸਭੁ ਧਾਰਿਆ ॥ ਗੁਰਮੁਖਿ ਕੀਤੋ ਥਾਟੁ ਸਿਰਜਿ ਸੰਸਾਰਿਆ ॥ ਹਰਿ ਆਗਿਆ ਹੋਏ ਬੇਦ ਪਾਪੁ ਪੁੰਨੁ ਵੀਚਾਰਿਆ ॥ ਬ੍ਰਹਮਾ ਬਿਸਨੁ ਮਹੇਸੁ ਤ੍ਰੈ ਗੁਣ ਬਿਸਥਾਰਿਆ ॥ ਨਵ ਖੰਡ ਪ੍ਰਿਥਮੀ ਸਾਜਿ ਹਰਿ ਰੰਗ ਸਵਾਰਿਆ ॥ ਵੇਕੀ ਜੰਤ ਉਪਾਇ ਅੰਤਰਿ ਕਲ ਧਾਰਿਆ ॥ ਤੇਰਾ ਅੰਤੁ ਨ ਜਾਣੈ ਕੋਇ ਸਚੁ ਸਿਰਜਣਹਾਰਿਆ ॥ ਤੂ ਜਾਣਹਿ ਸਭ ਬਿਧਿ ਆਪਿ ਗੁਰਮੁਖਿ ਨਿਸਤਾਰਿਆ ॥੧॥ {ਪੰਨਾ ੧੦੯੪}

ਪਦ ਅਰਥ :—ਸਚਾ—ਸਦਾ-ਥਿਰ ਰਹਿਣ ਵਾਲਾ । ਧਾਰਿਆ—ਟਿਕਾਇਆ ਹੋਇਆ, ਪੈਦਾ ਕੀਤਾ । ਗੁਰਮੁਖਿ—ਗੁਰੂ ਦੇ ਸਨਮੁਖ । ਗੁਰਮੁਖਿ ਥਾਟੁ—ਗੁਰੂ ਦੇ ਰਾਹ ਤੇ ਤੁਰਨ ਦਾ ਨਿਯਮ । ਸਿਰਜਿ—ਪੈਦਾ ਕਰ ਕੇ । ਨਵ—ਨੌ । ਸਾਜਿ—ਸਾਜ ਕੇ । ਵੇਕੀ—ਰੰਗਾ ਰੰਗ ਦੇ । ਅੰਤਰਿ—(ਉਹ ਜੀਵਾਂ ਦੇ) ਅੰਦਰ । ਕਲ—ਸੱਤਿਆ ।

ਅਰਥ :—ਹੇ ਪ੍ਰਭੂ! ਤੂੰ ਸਦਾ ਕਾਇਮ ਰਹਿਣ ਵਾਲਾ ਮਾਲਕ ਹੈਂ, ਅਤੇ ਤੂੰ ਆਪਣਾ ਅਟੱਲ ਨਿਯਮ ਹੀ ਹਰ ਥਾਂ ਕਾਇਮ ਕੀਤਾ ਹੋਇਆ ਹੈ । ਜਗਤ ਪੈਦਾ ਕਰ ਕੇ ਤੂੰ ਇਹ ਨਿਯਮ ਭੀ ਬਣਾ ਦਿੱਤਾ ਕਿ (ਜੀਵਾਂ ਨੂੰ) ਗੁਰੂ ਦੇ ਦੱਸੇ ਰਸਤੇ ਉਤੇ ਤੁਰਨਾ ਚਾਹੀਦਾ ਹੈ ।

ਹੇ ਹਰੀ! ਤੇਰੀ ਹੀ ਆਗਿਆ ਅਨੁਸਾਰ ਵੇਦ (ਆਦਿਕ ਧਰਮ-ਪੁਸਤਕਾਂ ਪਰਗਟ) ਹੋਏ, ਜਿਨ੍ਹਾਂ ਨੇ (ਜਗਤ ਵਿਚ) ਪਾਪ ਤੇ ਪੁੰਨ ਨੂੰ ਨਿਖੇੜਿਆ ਹੈ, ਤੂੰ ਹੀ ਬ੍ਰਹਮਾ ਵਿਸ਼ਨੂੰ ਤੇ ਸ਼ਿਵ ਨੂੰ ਪੈਦਾ ਕੀਤਾ, ਤੂੰ ਹੀ ਮਾਇਆ ਦੇ ਤਿੰਨ ਗੁਣਾਂ ਦਾ ਖਿਲਾਰਾ-ਰੂਪ ਜਗਤ ਬਣਾਇਆ ਹੈ । ਹੇ ਹਰੀ! ਇਹ ਨੌ ਹਿੱਸਿਆਂ ਵਾਲੀ ਧਰਤੀ ਸਾਜ ਕੇ ਤੂੰ ਇਸ ਵਿਚ ਅਨੇਕਾਂ ਰੰਗ ਸਜਾਏ ਹਨ । ਵਖ ਵਖ ਭਾਂਤ ਦੇ ਜੀਵ ਪੈਦਾ ਕਰ ਕੇ ਤੂੰ (ਜੀਵਾਂ ਦੇ ਅੰਦਰ) ਆਪਣੀ ਸੱਤਿਆ ਕਾਇਮ ਕੀਤੀ ਹੈ ।

ਹੇ ਸਦਾ-ਥਿਰ ਸਿਰਜਣਹਾਰ! ਕੋਈ ਜੀਵ (ਤੇਰੇ ਗੁਣਾਂ ਦਾ) ਅੰਤ ਨਹੀਂ ਜਾਣ ਸਕਦਾ । ਸਭ ਤਰ੍ਹਾਂ ਦੇ ਭੇਤ ਤੂੰ ਆਪ ਹੀ ਜਾਣਦਾ ਹੈਂ, ਜੀਵਾਂ ਨੂੰ ਤੂੰ ਗੁਰੂ ਦੇ ਰਸਤੇ ਉਤੇ ਤੋਰ ਕੇ (ਸੰਸਾਰ-ਸਮੁੰਦਰ ਤੋਂ) ਪਾਰ ਲੰਘਾਉਂਦਾ ਹੈਂ ।੧।

ਡਖਣੇ ਮਃ ੫ ॥ ਜੇ ਤੂ ਮਿਤ੍ਰੁ ਅਸਾਡੜਾ, ਹਿਕ ਭੋਰੀ ਨਾ ਵੇਛੋੜਿ ॥ ਜੀਉ ਮਹਿੰਜਾ ਤਉ ਮੋਹਿਆ, ਕਦਿ ਪਸੀ ਜਾਨੀ ਤੋਹਿ ॥੧॥ {ਪੰਨਾ ੧੦੯੪}

ਪਦ ਅਰਥ :—ਹਿਕ—ਇੱਕ । ਭੋਰੀ—ਰਤਾ ਭਰ । ਮਹਿੰਜਾ—ਮੇਰਾ । ਜਾਨੀ—ਹੇ ਪਿਆਰੇ! ਤੋਹਿ—ਤੈਨੂੰ । ਪਸੀ—ਪੱਸੀਂ, ਮੈਂ ਵੇਖਾਂ ।

ਅਰਥ :—ਜੇ ਤੂੰ ਮੇਰਾ ਮਿਤ੍ਰ ਹੈਂ, ਤਾਂ ਮੈਨੂੰ ਰਤਾ ਭਰ ਭੀ (ਆਪਣੇ ਨਾਲੋਂ) ਨਾਹ ਵਿਛੋੜ । ਮੇਰੀ ਜਿੰਦ ਤੂੰ (ਆਪਣੇ ਪਿਆਰ ਵਿਚ) ਮੋਹ ਲਈ ਹੈ (ਹੁਣ ਹਰ ਵੇਲੇ ਮੈਨੂੰ ਤਾਂਘ ਰਹਿੰਦੀ ਹੈ ਕਿ) ਹੇ ਪਿਆਰੇ! ਮੈਂ ਕਦੋਂ ਤੈਨੂੰ ਵੇਖਾਂ ।੧।

ਮਃ ੫ ॥ ਦੁਰਜਨ ਤੂ ਜਲੁ ਭਾਹੜੀ, ਵਿਛੋੜੇ ਮਰਿ ਜਾਹਿ ॥ ਕੰਤਾ ਤੂ ਸਉ ਸੇਜੜੀ, ਮੈਡਾ ਹਭੋ ਦੁਖੁ ਉਲਾਹਿ ॥੨॥ {ਪੰਨਾ ੧੦੯੪}

ਪਦ ਅਰਥ :—ਜਲੁ—ਸੜ ਜਾ । ਭਾਹੜੀ—ਅੱਗ ਵਿਚ । ਮੈਡਾ—ਮੇਰਾ । ਉਲਾਹਿ—ਲਾਹ ਦੇ, ਦੂਰ ਕਰ ਦੇ ।

ਅਰਥ :—ਹੇ ਦੁਰਜਨ! ਤੂੰ ਅੱਗ ਵਿਚ ਸੜ ਜਾ, ਹੇ ਵਿਛੋੜੇ! ਤੂੰ ਮਰ ਜਾ । ਹੇ (ਮੇਰੇ) ਕੰਤ! ਤੂੰ
(ਮੇਰੀ ਹਿਰਦਾ-) ਸੇਜ ਉਤੇ (ਆ ਕੇ) ਸੌਂ ਤੇ ਮੇਰਾ ਸਾਰਾ ਦੁੱਖ ਦੂਰ ਕਰ ਦੇ ।੨।

ਨੋਟ :—ਅਗਲੇ ਸ਼ਲੋਕ ਵਿਚ ਸਾਹਿਬ ਲਿਖਦੇ ਹਨ ਕਿ 'ਦੁਰਜਨ' ਤੇ 'ਵਿਛੋੜਾ' ਕੌਣ ਹਨ ।

ਮਃ ੫ ॥ ਦੁਰਜਨੁ ਦੂਜਾ ਭਾਉ ਹੈ, ਵੇਛੋੜਾ ਹਉਮੈ ਰੋਗੁ ॥ ਸਜਣੁ ਸਚਾ ਪਾਤਿਸਾਹੁ, ਜਿਸੁ ਮਿਲਿ ਕੀਚੈ ਭੋਗੁ ॥੩॥ {ਪੰਨਾ ੧੦੯੪}

ਪਦ ਅਰਥ :—ਦੂਜਾ ਭਾਉ—(ਪ੍ਰਭੂ ਤੋਂ ਬਿਨਾ) ਕਿਸੇ ਹੋਰ ਦਾ ਪਿਆਰ । ਜਿਸੁ ਮਿਲਿ—ਜਿਸ ਨੂੰ ਮਿਲ ਕੇ । ਕੀਚੈ—ਕਰ ਸਕੀਦਾ ਹੈ । ਭੋਗੁ—ਆਨੰਦ । ਦੁਰਜਨੁ—ਦੁਸ਼ਮਨ । ਸਚਾ—ਸੱਚਾ, ਸਦਾ ਕਾਇਮ ਰਹਿਣ ਵਾਲਾ ।

ਅਰਥ :—(ਪ੍ਰਭੂ ਤੋਂ ਬਿਨਾ) ਕਿਸੇ ਹੋਰ ਨਾਲ ਪਿਆਰ (ਜਿੰਦ ਦਾ ਵੱਡਾ) ਵੈਰੀ ਹੈ, ਹਉਮੈ ਦਾ ਰੋਗ (ਪ੍ਰਭੂ ਨਾਲੋਂ) ਵਿਛੋੜਾ (ਪਾਣ ਵਾਲਾ) ਹੈ । ਸਦਾ ਕਾਇਮ

ਰਹਿਣ ਵਾਲਾ ਪ੍ਰਭੂ ਪਾਤਿਸ਼ਾਹ (ਜਿੰਦ ਦਾ) ਮਿਤ੍ਰ ਹੈ ਜਿਸ ਨੂੰ ਮਿਲ ਕੇ (ਆਤਮਕ) ਆਨੰਦ ਮਾਣਿਆ ਜਾ ਸਕਦਾ ਹੈ ।੩।

ਪਉੜੀ ॥ ਤੂ ਅਗਮ ਦਇਆਲੁ ਬੇਅੰਤੁ, ਤੇਰੀ ਕੀਮਤਿ ਕਹੈ ਕਉਣੁ ॥ ਤੁਧੁ ਸਿਰਜਿਆ ਸਭੁ ਸੰਸਾਰੁ ਤੂ ਨਾਇਕੁ ਸਗਲ ਭਉਣ ॥ ਤੇਰੀ ਕੁਦਰਤਿ ਕੋਇ ਨ ਜਾਣੈ ਮੇਰੇ ਠਾਕੁਰ ਸਗਲ ਰਉਣ ॥ ਤੁਧੁ ਅਪੜਿ ਕੋਇ ਨ ਸਕੈ ਤੂ ਅਬਿਨਾਸੀ ਜਗ ਉਧਰਣ ॥ ਤੁਧੁ ਥਾਪੇ ਚਾਰੇ ਜੁਗ ਤੂ ਕਰਤਾ ਸਗਲ ਧਰਣ ॥ ਤੁਧੁ ਆਵਣ ਜਾਣਾ ਕੀਆ ਤੁਧੁ ਲੇਪੁ ਨ ਲਗੈ ਤ੍ਰਿਣ ॥ ਜਿਸੁ ਹੋਵਹਿ ਆਪਿ ਦਇਆਲੁ ਤਿਸੁ ਲਾਵਹਿ ਸਤਿਗੁਰ ਚਰਣ ॥ ਤੂ ਹੋਰਤੁ ਉਪਾਇ ਨ ਲਭਹੀ ਅਬਿਨਾਸੀ ਸ੍ਰਿਸਟਿ ਕਰਣ ॥੨॥ {ਪੰਨਾ ੧੦੯੪-੧੦੯੫}

ਪਦ ਅਰਥ :—ਅਗਮ—ਅਪਹੁੰਚ । ਸਿਰਜਿਆ—ਪੈਦਾ ਕੀਤਾ । ਨਾਇਕੁ—ਮਾਲਕ । ਸਗਲ ਭਉਣ—ਸਾਰੇ ਭਵਨਾਂ ਦਾ । ਸਗਲ ਰਉਣ—ਹੇ ਸਰਬ ਵਿਆਪਕ! ਜਗ ਉਧਰਣ—ਜਗਤ ਦਾ ਬੇੜਾ ਪਾਰ ਕਰਨ ਵਾਲਾ । ਧਰਣੀ—ਧਰਤੀਆਂ । ਆਵਣ ਜਾਣਾ—ਜੰਮਣਾ ਮਰਨਾ । ਲੇਪੁ—ਅਸਰ, ਪ੍ਰਭਾਵ । ਤ੍ਰਿਣ—ਤੀਲੇ ਜਿਤਨਾ ਭੀ । ਹੋਰਤੁ—ਹੋਰ ਦੀ ਰਾਹੀਂ । ਉਪਾਇ—ਉਪਾਵ ਦੀ ਰਾਹੀਂ । ਹੋਰਤੁ ਉਪਾਇ—ਕਿਸੇ ਹੋਰ ਉਪਾਵ ਦੀ ਰਾਹੀਂ ।

ਅਰਥ :—ਹੇ ਪ੍ਰਭੂ! ਤੂੰ ਅਪਹੁੰਚ ਹੈਂ ਦਇਆਲ ਤੇ ਬੇਅੰਤ ਹੈਂ, ਕੋਈ ਜੀਵ ਤੇਰਾ ਮੁੱਲ ਨਹੀਂ ਪਾ ਸਕਦਾ । ਇਹ ਸਾਰਾ ਜਗਤ ਤੂੰ ਹੀ ਪੈਦਾ ਕੀਤਾ ਹੈ, ਤੇ ਸਾਰੇ ਭਵਨਾਂ ਦਾ ਤੂੰ ਹੀ ਮਾਲਕ ਹੈਂ । ਹੇ ਮੇਰੇ ਸਰਬ-ਵਿਆਪਕ ਮਾਲਕ! ਕੋਈ ਜੀਵ ਤੇਰੀ ਤਾਕਤ ਦਾ ਅੰਦਾਜ਼ਾ ਨਹੀਂ ਲਾ ਸਕਦਾ । ਹੇ ਜਗਤ ਉੱਧਾਰਣ ਵਾਲੇ ਅਬਿਨਾਸੀ ਪ੍ਰਭੂ! ਕੋਈ ਜੀਵ ਤੇਰੀ ਬਰਾਬਰੀ ਨਹੀਂ ਕਰ ਸਕਦਾ ।

ਹੇ ਪ੍ਰਭੂ! ਸਾਰੀਆਂ ਧਰਤੀਆਂ ਤੂੰ ਹੀ ਬਣਾਈਆਂ ਹਨ ਇਹ ਚਾਰੇ ਜੁੱਗ ਤੇਰੇ ਹੀ ਬਣਾਏ ਹੋਏ ਹਨ (ਸਮਾ ਬਣਾਣ ਵਾਲਾ ਤੇ ਸਮੇ ਦੀ ਵੰਡ ਕਰਨ ਵਾਲਾ ਤੂੰ ਹੀ ਹੈਂ) । (ਜੀਵਾਂ ਵਾਸਤੇ) ਜਨਮ ਮਰਨ ਦਾ ਗੇੜ ਤੂੰ ਹੀ ਬਣਾਇਆ ਹੈ, (ਜਨਮ ਮਰਨ ਦੇ ਗੇੜ ਦਾ) ਰਤਾ ਭੀ ਪ੍ਰਭਾਵ ਤੇਰੇ ਉਤੇ ਨਹੀਂ ਪੈਂਦਾ ।

ਹੇ ਪ੍ਰਭੂ! ਜਿਸ ਜੀਵ ਉਤੇ ਤੂੰ ਦਿਆਲ ਹੁੰਦਾ ਹੈਂ ਉਸ ਨੂੰ ਗੁਰੂ ਦੀ ਚਰਨੀਂ ਲਾਂਦਾ ਹੈਂ (ਕਿਉਂਕਿ) ਹੇ ਸ੍ਰਿਸ਼ਟੀ-ਕਰਤਾ ਅਬਿਨਾਸ਼ੀ ਪ੍ਰਭੂ! (ਗੁਰੂ ਦੀ ਸਰਨ ਤੋਂ ਬਿਨਾ) ਹੋਰ ਕਿਸੇ ਭੀ ਉਪਾਵ ਨਾਲ ਤੂੰ ਮਿਲ ਨਹੀਂ ਸਕਦਾ ।੨।

ਡਖਣੇ ਮਃ ੫ ॥ ਜੇ ਤੂ ਵਤਹਿ ਅੰਙਣੇ, ਹਭ ਧਰਤਿ ਸੁਹਾਵੀ ਹੋਇ ॥ ਹਿਕਸੁ ਕੰਤੈ ਬਾਹਰੀ, ਮੈਡੀ ਵਾਤ ਨ ਪੁਛੈ ਕੋਇ ॥੧॥ {ਪੰਨਾ ੧੦੯੫}

ਪਦ ਅਰਥ :—ਵਤਹਿ—ਆ ਜਾਏਂ । ਅੰਙਣੇ—(ਹਿਰਦੇ-) ਵੇਹੜੇ ਵਿਚ । ਹਭ—ਸਾਰੀ । ਧਰਤਿ—(ਭਾਵ,) ਸਰੀਰ । ਵਾਤ—ਗੱਲ, ਖ਼ਬਰ ।

ਅਰਥ :—ਹੇ ਪ੍ਰਭੂ-ਕੰਤ! ਜੇ ਤੂੰ ਮੇਰੇ (ਹਿਰਦੇ-) ਵੇਹੜੇ ਵਿਚ ਆ ਜਾਏਂ, ਤਾਂ ਮੇਰਾ ਸਾਰਾ ਸਰੀਰ ਹੀ ਸੋਹਣਾ ਹੋ ਜਾਂਦਾ ਹੈ । ਪਰ ਇਕ ਖਸਮ-ਪ੍ਰਭੂ ਤੋਂ ਬਿਨਾ ਕੋਈ ਮੇਰੀ ਖ਼ਬਰ-ਸੁਰਤਿ ਹੀ ਨਹੀਂ ਪੁੱਛਦਾ (ਭਾਵ, ਜੇ ਪ੍ਰਭੂ ਹਿਰਦੇ ਵਿਚ ਵੱਸ ਪਏ, ਤਾਂ ਸਾਰੇ ਸ਼ੁਭ ਗੁਣਾਂ ਨਾਲ ਗਿਆਨ ਇੰਦ੍ਰੇ ਚਮਕ ਉਠਦੇ ਹਨ । ਜੇ ਪ੍ਰਭੂ ਤੋਂ ਵਿਛੋੜਾ ਹੈ ਤਾਂ ਕੋਈ ਸ਼ੁਭ ਗੁਣ ਨੇੜੇ ਨਹੀਂ ਢੁਕਦਾ) ।੧।

ਮਃ ੫ ॥ ਹਭੇ ਟੋਲ ਸੁਹਾਵਣੇ, ਸਹੁ ਬੈਠਾ ਅੰਙਣੁ ਮਲਿ ॥ ਪਹੀ ਨ ਵੰਞੈ ਬਿਰਥੜਾ, ਜੋ ਘਰਿ ਆਵੈ ਚਲਿ ॥੨॥ {ਪੰਨਾ ੧੦੯੫}

ਪਦ ਅਰਥ :—ਟੋਲ—ਪਦਾਰਥ । ਮਲਿ—ਮੱਲ ਕੇ । ਪਹੀ—ਜੀਵ-ਰਾਹੀ । ਬਿਰਥੜਾ—ਖ਼ਾਲੀ-ਹੱਥ । ਜੋ—ਜੇਹੜਾ ਜੀਵ-ਰਾਹੀ । ਘਰਿ—ਘਰ ਵਿਚ, ਹਿਰਦੇ-ਘਰ ਵਿਚ ।

ਅਰਥ :—ਜਿਸ ਜੀਵ-ਰਾਹੀ ਦਾ ਹਿਰਦਾ-ਵੇਹੜਾ ਖਸਮ-ਪ੍ਰਭੂ ਮੱਲ ਕੇ ਬੈਠ ਜਾਂਦਾ ਹੈ, ਉਸ ਨੂੰ ਸਾਰੇ ਪਦਾਰਥ (ਵਰਤਣੇ) ਫਬਦੇ ਹਨ (ਕਿਉਂਕਿ) ਜੇਹੜਾ ਜੀਵ-ਰਾਹੀ (ਬਾਹਰਲੇ ਪਦਾਰਥਾਂ ਵਲੋਂ) ਪਰਤ ਕੇ ਅੰਤਰ ਆਤਮੇ ਆ ਟਿਕਦਾ ਹੈ ਉਹ (ਜਗਤ ਤੋਂ) ਖ਼ਾਲੀ-ਹੱਥ ਨਹੀਂ ਜਾਂਦਾ ।੨।

ਮਃ ੫ ॥ ਸੇਜ ਵਿਛਾਈ ਕੰਤ ਕੂ, ਕੀਆ ਹਭੁ ਸੀਗਾਰੁ ॥ ਇਤੀ ਮੰਝਿ ਨ ਸਮਾਵਈ, ਜੇ ਗਲਿ ਪਹਿਰਾ ਹਾਰੁ ॥੩॥ {ਪੰਨਾ ੧੦੯੫}

ਪਦ ਅਰਥ :—ਕੰਤ ਕੂ—ਕੰਤ ਦੀ ਖ਼ਾਤਰ । ਹਭੁ—ਸਾਰਾ । ਇਤੀ—ਇਤਨੀ ਭੀ । ਮੰਝਿ—ਵਿਚਕਾਰ, ਮੇਰੇ ਤੇ ਪਤੀ ਦੇ ਵਿਚਕਾਰ । ਨ ਸਮਾਵਈ—ਨਹੀਂ ਟਿਕ ਸਕਦੀ, ਟਿਕੀ ਹੋਈ ਚੰਗੀ ਨਹੀਂ ਲੱਗਦੀ । ਗਲਿ—ਗਲ ਵਿਚ ।

ਅਰਥ :—ਮੈਂ ਪਤੀ ਨੂੰ ਮਿਲਣ ਵਾਸਤੇ ਸੇਜ ਵਿਛਾਈ ਤੇ ਹੋਰ ਸਾਰਾ ਹਾਰ-ਸਿੰਗਾਰ ਕੀਤਾ (ਹਿਰਦਾ-ਸੇਜ ਸਜਾਣ ਵਾਸਤੇ ਕਈ ਧਾਰਮਿਕ ਸਾਧਨ ਕੀਤੇ), ਪਰ ਹੁਣ (ਜਦੋਂ ਉਹ ਮਿਲ ਪਿਆ ਹੈ ਤਾਂ) ਜੇ ਮੈਂ (ਆਪਣੇ ਗਲ ਵਿਚ) ਇਕ ਹਾਰ ਭੀ ਪਹਿਨ ਲਵਾਂ (ਤਾਂ ਇਹ ਹਾਰ ਪਤੀ-ਮਿਲਾਪ ਦੇ ਰਸਤੇ ਵਿਚ ਵਿੱਥ ਪਾਂਦਾ ਹੈ, ਤੇ) ਪਤੀ ਤੇ ਮੇਰੇ ਵਿਚਕਾਰ ਇਤਨੀ ਵਿੱਥ ਨੂੰ ਭੀ ਸਮਾਈ ਨਹੀਂ ਹੈ (ਭਾਵ, ਲੋਕਾਚਾਰੀ ਧਾਰਮਿਕ ਸਾਧਨ ਪਤੀ-ਮਿਲਾਪ ਦੇ ਰਸਤੇ ਵਿਚ ਰੁਕਾਵਟ ਹਨ) ।੩।

ਪਉੜੀ ॥ ਤੂ ਪਾਰਬ੍ਰਹਮੁ ਪਰਮੇਸਰੁ ਜੋਨਿ ਨ ਆਵਹੀ ॥ ਤੂ ਹੁਕਮੀ ਸਾਜਹਿ ਸ੍ਰਿਸਟਿ ਸਾਜਿ ਸਮਾਵਹੀ ॥ ਤੇਰਾ ਰੂਪੁ ਨ ਜਾਈ ਲਖਿਆ ਕਿਉ ਤੁਝਹਿ ਧਿਆਵਹੀ ॥ ਤੂ ਸਭ ਮਹਿ ਵਰਤਹਿ ਆਪਿ ਕੁਦਰਤਿ ਦੇਖਾਵਹੀ ॥ ਤੇਰੀ ਭਗਤਿ ਭਰੇ ਭੰਡਾਰ ਤੋਟਿ ਨ ਆਵਹੀ ॥ ਏਹਿ ਰਤਨ ਜਵੇਹਰ ਲਾਲ ਕੀਮ ਨ ਪਾਵਹੀ ॥ ਜਿਸੁ ਹੋਵਹਿ ਆਪਿ ਦਇਆਲੁ ਤਿਸੁ ਸਤਿਗੁਰ ਸੇਵਾ ਲਾਵਹੀ ॥ ਤਿਸੁ ਕਦੇ ਨ ਆਵੈ ਤੋਟਿ ਜੋ ਹਰਿ ਗੁਣ ਗਾਵਹੀ ॥੩॥ {ਪੰਨਾ ੧੦੯੫}

ਪਦ ਅਰਥ :—ਸਮਾਵਹੀ—ਤੂੰ ਵਿਆਪਕ ਹੈਂ । ਕਿਉ—ਕਿਸ ਤਰੀਕੇ ਨਾਲ? ਭੰਡਾਰ—ਖ਼ਜ਼ਾਨੇ । ਤੋਟਿ—ਘਾਟ, ਕਮੀ । ਏਹਿ—ਇਹ ਸਾਰੇ । ਕੀਮ—ਮੁੱਲ ।

ਅਰਥ :—ਹੇ ਪ੍ਰਭੂ! ਤੂੰ ਪਾਰਬ੍ਰਹਮ ਹੈਂ, ਸਭ ਤੋਂ ਵੱਡਾ ਮਾਲਕ ਹੈਂ, ਤੂੰ ਜਨਮ ਮਰਨ ਦੇ ਗੇੜ ਵਿਚ ਨਹੀਂ ਆਉਂਦਾ । ਤੂੰ ਆਪਣੇ ਹੁਕਮ ਨਾਲ ਜਗਤ ਪੈਦਾ

ਕਰਦਾ ਹੈਂ, (ਜਗਤ) ਪੈਦਾ ਕਰ ਕੇ (ਇਸ ਵਿਚ) ਵਿਆਪਕ ਹੈਂ । ਤੇਰਾ ਰੂਪ ਬਿਆਨ ਨਹੀਂ ਕੀਤਾ ਜਾ ਸਕਦਾ, ਫਿਰ ਜੀਵ ਤੇਰਾ ਧਿਆਨ ਕਿਸ ਤਰੀਕੇ ਨਾਲ ਧਰਨ?

ਹੇ ਪ੍ਰਭੂ! ਤੂੰ ਸਭ ਜੀਵਾਂ ਵਿਚ ਆਪ ਮੌਜੂਦ ਹੈਂ, (ਸਭ ਵਿਚ) ਆਪਣੀ ਤਾਕਤ ਵਿਖਾ ਰਿਹਾ ਹੈਂ ।

(ਤੇਰੇ ਪਾਸ) ਤੇਰੀ ਭਗਤੀ ਦੇ ਖ਼ਜ਼ਾਨੇ ਭਰੇ ਪਏ ਹਨ ਜੋ ਕਦੇ ਮੁੱਕ ਨਹੀਂ ਸਕਦੇ, ਤੇਰੇ ਗੁਣਾਂ ਦੇ ਖ਼ਜ਼ਾਨੇ ਐਸੇ ਰਤਨ ਜਵਾਹਰ ਤੇ ਲਾਲ ਹਨ ਜਿਨ੍ਹਾਂ ਦਾ ਮੁੱਲ ਨਹੀਂ ਪੈ ਸਕਦਾ (ਜਗਤ ਵਿਚ ਕੋਈ ਐਸੀ ਚੀਜ਼ ਨਹੀਂ ਹੈ ਜਿਸ ਦੇ ਇਵਜ਼ ਵਿਚ ਗੁਣਾਂ ਦੇ ਖ਼ਜ਼ਾਨੇ ਮਿਲ ਸਕਣ) ।

ਜਿਸ ਜੀਵ ਉਤੇ ਤੂੰ ਦਇਆ ਕਰਦਾ ਹੈਂ ਉਸ ਨੂੰ ਸਤਿਗੁਰੂ ਦੀ ਸੇਵਾ ਵਿਚ ਜੋੜਦਾ ਹੈਂ । (ਗੁਰੂ ਦੀ ਸਰਨ ਆ ਕੇ) ਜੋ ਮਨੁੱਖ ਪ੍ਰਭੂ ਦੇ ਗੁਣ ਗਾਂਦੇ ਹਨ, ਉਹਨਾਂ ਨੂੰ ਕਿਸੇ ਕਿਸਮ ਦੀ ਥੁੜ ਨਹੀਂ ਰਹਿੰਦੀ ।੩।

ਡਖਣੇ ਮਃ ੫ ॥ ਜਾ ਮੂ ਪਸੀ ਹਠ ਮੈ, ਪਿਰੀ ਮਹਿਜੈ ਨਾਲਿ ॥ ਹਭੇ ਡੁਖ ਉਲਾਹਿਅਮੁ, ਨਾਨਕ ਨਦਰਿ ਨਿਹਾਲਿ ॥੧॥ {ਪੰਨਾ ੧੦੯੫}

ਪਦ ਅਰਥ :—ਮੂ—ਮੈਂ । ਪਸੀ—ਪੱਸੀਂ, ਮੈਂ ਵੇਖਦਾ ਹਾਂ । ਹਠ ਮੈ—ਹਿਰਦੇ ਵਿਚ । ਮਹਿਜੈ—ਮੇਰੇ । ਉਲਾਹਿਅਮੁ—ਉਸ ਨੇ ਮੇਰੇ (ਦੁੱਖ) ਲਾਹ ਦਿੱਤੇ ਹਨ । ਨਦਰਿ—ਮਿਹਰ ਦੀ ਨਿਗਾਹ । ਨਿਹਾਲਿ—ਵੇਖ ਕੇ ।

ਅਰਥ :—ਜਦੋਂ ਮੈਂ (ਧਿਆਨ ਨਾਲ) ਹਿਰਦੇ ਵਿਚ ਵੇਖਦੀ ਹਾਂ, ਤਾਂ ਮੇਰਾ ਪਤੀ-ਪ੍ਰਭੂ ਮੇਰੇ ਨਾਲ (ਮੇਰੇ ਹਿਰਦੇ ਵਿਚ) ਮੌਜੂਦ ਹੈ । ਹੇ ਨਾਨਕ! ਮਿਹਰ ਦੀ ਨਿਗਾਹ ਕਰ ਕੇ ਉਸ ਨੇ ਮੇਰੇ ਸਾਰੇ ਦੁੱਖ ਦੂਰ ਕਰ ਦਿੱਤੇ ਹਨ ।੧।

ਮਃ ੫ ॥ ਨਾਨਕ ਬੈਠਾ ਭਖੇ ਵਾਉ, ਲੰਮੇ ਸੇਵਹਿ ਦਰੁ ਖੜਾ ॥ ਪਿਰੀਏ ਤੂ ਜਾਣੁ ਮਹਿਜਾ ਸਾਉ, ਜੋਈ ਸਾਈ ਮੁਹੁ ਖੜਾ ॥੨॥ {ਪੰਨਾ ੧੦੯੫}

ਪਦ ਅਰਥ :—ਭਖੇ ਵਾਉ—ਤੇਰੀ ਵਾ ਭਖ ਰਿਹਾ ਹੈ, ਤੇਰੀ ਸੋਇ ਸੁਣ ਰਿਹਾ ਹੈ । ਲੰਮੇ—ਬੇਅੰਤ ਜੀਵ । ਸੇਵਹਿ—ਸੇਂਵਦੇ ਹਨ, ਮੱਲੀ ਬੈਠੇ ਹਨ । ਪਿਰੀਏ—ਹੇ ਪਤੀ! ਸਾਉ—ਸੁਆਉ, ਮਨੋਰਥ । ਜੋਈ—ਜੋਈਂ, ਮੈਂ ਤੱਕ ਰਿਹਾ ਹਾਂ । ਸਾਈ—ਹੇ ਸਾਈਂ!

ਅਰਥ :—ਹੇ ਪ੍ਰਭੂ! ਬੇਅੰਤ ਜੀਵ ਖੜੇ ਤੇਰਾ ਦਰ ਸੇਂਵਦੇ ਹਨ, ਮੈਂ ਨਾਨਕ ਭੀ (ਤੇਰੇ ਦਰ ਤੇ ਖੜਾ) ਤੇਰੀ ਸੋਇ ਸੁਣ ਰਿਹਾ ਹਾਂ । ਹੇ ਪਤੀ! ਤੂੰ ਮੇਰੇ ਦਿਲ ਦੀ ਜਾਣਦਾ ਹੈਂ, ਹੇ ਸਾਈਂ! ਮੈਂ ਖਲੋਤਾ ਤੇਰਾ ਮੂੰਹ ਤੱਕ ਰਿਹਾ ਹਾਂ ।੨।

ਮਃ ੫ ॥ ਕਿਆ ਗਾਲਾਇਓ ਭੂਛ, ਪਰ ਵੇਲਿ ਨ ਜੋਹੇ ਕੰਤ ਤੂ ॥ ਨਾਨਕ ਫੁਲਾ ਸੰਦੀ ਵਾੜਿ, ਖਿੜਿਆ ਹਭੁ ਸੰਸਾਰੁ ਜਿਉ ॥੩॥ {ਪੰਨਾ ੧੦੯੫}

ਪਦ ਅਰਥ :—ਗਾਲਾਇਓ—ਬੋਲ ਰਿਹਾ ਹੈਂ । ਭੂਛ—ਮਤਿ-ਹੀਣੇ, ਨਾਪਾਕ । ਵੇਲਿ—ਇਸਤ੍ਰੀ {ਵੇਲਿ ਰੁੱਖ ਦੇ ਆਸਰੇ ਵਧਦੀ ਫੁੱਲਦੀ ਹੈ, ਇਸਤ੍ਰੀ ਪਤੀ ਦੇ ਆਸਰੇ ਸੁਖੀ ਰਹਿ ਸਕਦੀ ਹੈ । ਇਸਤ੍ਰੀ ਨੂੰ ਵੇਲਿ ਨਾਲ ਉਪਮਾ ਦਿੱਤੀ ਗਈ ਹੈ । ਜਗਤ-ਫੁਲਵਾੜੀ ਵਿਚ ਇਸਤ੍ਰੀ ਵੇਲਿ ਸਮਾਨ ਹੈ} । ਨ ਜੋਹੇ—ਨਾਹ ਤੱਕ । ਜਿਉ ਫੁਲਾ ਸੰਦੀ ਵਾੜਿ—ਜਿਵੇਂ ਫੁਲਵਾੜੀ (ਖਿੜੀ ਹੋਈ) ਹੈ । ਸੰਦੀ—ਦੀ । ਵਾੜਿ—ਵਾੜੀ, ਬਗ਼ੀਚੀ । ਕੰਤ ਤੂ—ਤੂੰ (ਹਰ ਥਾਂ) ਕੰਤ ਨੂੰ (ਵੇਖ) ।

ਅਰਥ :—(ਹੇ ਜੀਵ!) ਤੂੰ ਹਰ ਥਾਂ ਕੰਤ-ਪ੍ਰਭੂ ਨੂੰ ਵੇਖ, ਪਰਾਈ ਇਸਤ੍ਰੀ ਨੂੰ (ਮੰਦ ਭਾਵਨਾ ਨਾਲ) ਨਾਹ ਵੇਖ, ਤੇ (ਕਾਮਾਤੁਰ ਹੋ ਕੇ) ਮਤਿ-ਹੀਣੇ ਨਾਪਾਕ ਬੋਲ ਨਾਹ ਬੋਲ । ਹੇ ਨਾਨਕ! ਜਿਵੇਂ ਫੁਲਵਾੜੀ ਖਿੜੀ ਹੁੰਦੀ ਹੈ ਤਿਵੇਂ ਇਹ ਸਾਰਾ ਸੰਸਾਰ ਖਿੜਿਆ ਹੋਇਆ ਹੈ (ਇਥੇ ਕੋਈ ਫੁੱਲ ਤੋੜਨਾ ਨਹੀਂ ਹੈ, ਕਿਸੇ ਪਰਾਈ ਸੁੰਦਰੀ ਵਲ ਮੰਦ-ਭਾਵਨਾ ਨਹੀਂ ਰੱਖਣੀ) ।੩।

ਪਉੜੀ ॥ ਸੁਘੜੁ ਸੁਜਾਣੁ ਸਰੂਪੁ ਤੂ ਸਭ ਮਹਿ ਵਰਤੰਤਾ ॥ ਤੂ ਆਪੇ ਠਾਕੁਰੁ ਸੇਵਕੋ ਆਪੇ ਪੂਜੰਤਾ ॥ ਦਾਨਾ ਬੀਨਾ ਆਪਿ ਤੂ ਆਪੇ ਸਤਵੰਤਾ ॥ ਜਤੀ ਸਤੀ ਪ੍ਰਭੁ ਨਿਰਮਲਾ ਮੇਰੇ ਹਰਿ ਭਗਵੰਤਾ ॥ ਸਭੁ ਬ੍ਰਹਮ ਪਸਾਰੁ ਪਸਾਰਿਓ ਆਪੇ ਖੇਲੰਤਾ ॥ ਇਹੁ ਆਵਾਗਵਣੁ ਰਚਾਇਓ ਕਰਿ ਚੋਜ ਦੇਖੰਤਾ ॥ ਤਿਸੁ ਬਾਹੁੜਿ ਗਰਭਿ ਨ ਪਾਵਹੀ ਜਿਸੁ ਦੇਵਹਿ ਗੁਰ ਮੰਤਾ ॥ ਜਿਉ ਆਪਿ ਚਲਾਵਹਿ ਤਿਉ ਚਲਦੇ ਕਿਛੁ ਵਸਿ ਨ ਜੰਤਾ ॥੪॥ {ਪੰਨਾ ੧੦੯੫}

ਪਦ ਅਰਥ :—ਸੁਘੜੁ—ਸੋਹਣੀ ਘਾੜਤ ਵਾਲਾ, ਸੁਚੱਜਾ । ਸਰੂਪੁ—ਸੁੰਦਰ । ਮਹਿ—ਵਿਚ । ਪੂਜੰਤਾ—ਪੂਜਾ ਕਰਦਾ । ਦਾਨਾ—ਜਾਣਨ ਵਾਲਾ । ਬੀਨਾ—ਵੇਖਣ ਵਾਲਾ । ਸਤਵੰਤਾ—ਸ਼ੁਭ ਆਚਰਨ ਵਾਲਾ । ਚੋਜ—ਤਮਾਸ਼ੇ । ਬਾਹੁੜਿ—ਮੁੜ, ਫਿਰ । ਗਰਭਿ—ਗਰਭ ਵਿਚ, ਜੂਨ ਵਿਚ । ਮੰਤਾ—ਉਪਦੇਸ਼ । ਵਸਿ—ਇਖ਼ਤਿਆਰ ਵਿਚ ।

ਅਰਥ :—ਹੇ ਪ੍ਰਭੂ! ਤੂੰ ਸੁਚੱਜਾ ਸਿਆਣਾ ਤੇ ਸੋਹਣਾ ਹੈਂ, ਸਭ ਜੀਵਾਂ ਵਿਚ ਤੂੰ ਹੀ ਮੌਜੂਦ ਹੈਂ, (ਸੋ) ਤੂੰ ਆਪ ਹੀ ਮਾਲਕ ਹੈਂ ਆਪ ਹੀ ਸੇਵਕ ਹੈਂ ਆਪ ਹੀ ਆਪਣੀ ਪੂਜਾ ਕਰ ਰਿਹਾ ਹੈਂ (ਹਰੇਕ ਜੀ ਦੇ ਅੰਦਰ ਵਿਆਪਕ ਹੋਣ ਕਰਕੇ) ਤੂੰ ਆਪ ਹੀ (ਜੀਵਾਂ ਦੇ ਕੰਮਾਂ ਨੂੰ) ਜਾਣਦਾ ਹੈਂ ਵੇਖਦਾ ਹੈਂ, ਤੂੰ ਆਪ ਹੀ ਚੰਗੇ ਆਚਰਨ ਵਾਲਾ ਹੈਂ । ਹੇ ਮੇਰੇ ਹਰੀ ਭਗਵਾਨ! ਤੂੰ ਆਪ ਹੀ ਜਤੀ ਹੈਂ, ਆਪ ਹੀ ਪਵਿਤ੍ਰ ਆਚਰਨ ਵਾਲਾ ਹੈਂ । ਇਹ ਸਾਰਾ ਜਗਤ-ਖਿਲਾਰਾ ਤੂੰ ਆਪ ਹੀ ਖਿਲਾਰਿਆ ਹੋਇਆ ਹੈ, ਤੂੰ ਆਪ ਹੀ ਇਹ ਜਗਤ-ਖੇਡ ਖੇਡ ਰਿਹਾ ਹੈਂ । (ਜੀਵਾਂ ਦੇ) ਜੰਮਣ ਮਰਨ ਦਾ ਤਮਾਸ਼ਾ ਤੂੰ ਆਪ ਹੀ ਰਚਾਇਆ ਹੋਇਆ ਹੈ, ਇਹ ਤਮਾਸ਼ੇ ਰਚ ਕੇ ਤੂੰ ਆਪ ਹੀ ਵੇਖ ਰਿਹਾ ਹੈਂ ।

ਹੇ ਪ੍ਰਭੂ! ਜਿਸ ਮਨੁੱਖ ਨੂੰ ਤੂੰ ਗੁਰੂ ਉਪਦੇਸ਼ ਦੀ ਦਾਤਿ ਦੇਂਦਾ ਹੈਂ, ਉਸ ਨੂੰ ਮੁੜ ਜੂਨਾਂ ਦੇ ਗੇੜ ਵਿਚ ਨਹੀਂ ਪਾਂਦਾ । (ਤੇਰੇ ਪੈਦਾ ਕੀਤੇ ਇਹਨਾਂ) ਜੀਵਾਂ ਦੇ ਇਖ਼ਤਿਆਰ ਵਿਚ ਕੁਝ ਨਹੀਂ ਹੈ, ਜਿਵੇਂ ਤੂੰ ਆਪ ਜੀਵਾਂ ਨੂੰ ਤੋਰ ਰਿਹਾ ਹੈਂ, ਤਿਵੇਂ ਤੁਰ ਰਹੇ ਹਨ ।੪।

ਡਖਣੇ ਮਃ ੫ ॥ ਕੁਰੀਏ ਕੁਰੀਏ ਵੈਦਿਆ, ਤਲਿ ਗਾੜਾ ਮਹਰੇਰੁ ॥ ਵੇਖੇ, ਛਿਟੜਿ ਥੀਵਦੋ, ਜਾਮਿ ਖਿਸੰਦੋ ਪੇਰੁ ॥੧॥ {ਪੰਨਾ ੧੦੯੫}

ਪਦ ਅਰਥ :—ਕੁਰੀਏ ਕੁਰੀਏ—ਨਦੀ ਦੇ ਕੰਢੇ ਕੰਢੇ । ਵੈਦਿਆ—ਹੇ ਜਾਣ ਵਾਲਿਆ! ਤਲਿ—(ਤੇਰੇ ਪੈਰਾਂ ਦੇ) ਹੇਠ । ਮਹਰੇਰੁ—ਢਾਹ, ਮਿੱਟੀ ਦਾ ਕਿਰਨਾ । ਗਾੜਾ ਮਹਰੇਰੁ—ਬੜੀ ਢਾਹ । ਵੇਖੇ—ਵੇਖੀਂ, ਧਿਆਨ ਰੱਖੀਂ । ਛਿਟੜਿ ਥੀਵਦੋ—ਲਿੱਬੜ ਜਾਏਂਗਾ । ਜਾਮਿ—ਜਦੋਂ । ਖਿਸੰਦੋ—ਤਿਲਕ ਗਿਆ । ਪੇਰੁ—ਪੈਰ ।

ਅਰਥ :—ਹੇ (ਸੰਸਾਰ-) ਨਦੀ ਦੇ ਕੰਢੇ ਕੰਢੇ ਜਾਣ ਵਾਲਿਆ! ਤੇਰੇ ਪੈਰਾਂ ਹੇਠ (ਤੇਰੇ ਰਸਤੇ ਵਿਚ) ਬੜੀ ਢਾਹ ਲੱਗੀ ਹੋਈ ਹੈ । ਧਿਆਨ ਰੱਖੀਂ, ਜਦੋਂ ਹੀ ਤੇਰਾ ਪੈਰ ਤਿਲਕ ਗਿਆ, ਤਾਂ (ਮੋਹ ਦੇ ਚਿੱਕੜ ਨਾਲ) ਲਿੱਬੜ ਜਾਏਂਗਾ ।੧।

ਮਃ ੫ ॥ ਸਚੁ ਜਾਣੈ ਕਚੁ ਵੈਦਿਓ, ਤੂ ਆਘੂ ਆਘੇ ਸਲਵੇ ॥ ਨਾਨਕ ਆਤਸੜੀ ਮੰਞਿ ਨੈਣੂ, ਬਿਆ ਢਲਿ ਪਬਣਿ ਜਿਉ ਜੁੰਮਿਓ ॥੨॥ {ਪੰਨਾ ੧੦੯੫}

ਪਦ ਅਰਥ :—ਵੈਦਿਓ—ਨਾਸਵੰਤ, ਚਲੇ ਜਾਣ ਵਾਲਾ । ਆਘੂ ਆਘੇ—ਅਗਾਂਹ ਅਗਾਂਹ । ਸਲਵੇ—(ਤੂੰ) ਇਕੱਤ੍ਰ ਕਰਦਾ ਹੈਂ । ਆਤਸੜੀ—ਅੱਗ । ਨੈਣੂ—ਮੱਖਣ । ਬਿਆ—ਦੂਜੀ ਗੱਲ, ਦੂਜਾ । ਢਲਿ—ਢਲ ਕੇ (ਪਾਣੀ ਦੇ ਢਲ ਜਾਣ ਨਾਲ), ਡਿੱਗ ਕੇ । ਪਬਣਿ—ਚੁਪੱਤੀ । ਜੁੰਮਿਓ—ਨਾਸ ਹੋ ਜਾਂਦੀ ਹੈ ।

ਅਰਥ :—(ਹੇ ਜੀਵ!) ਨਾਸਵੰਤ ਕੱਚ (-ਰੂਪ ਮਾਇਆ) ਨੂੰ ਤੂੰ ਸਦਾ-ਥਿਰ ਜਾਣਦਾ ਹੈਂ, ਤੇ ਹੋਰ ਹੋਰ ਇਕੱਠੀ ਕਰਦਾ ਹੈਂ । ਪਰ ਹੇ ਨਾਨਕ! (ਆਖ—ਇਹ ਮਾਇਆ ਇਉਂ ਹੈ) ਜਿਵੇਂ ਅੱਗ ਵਿਚ ਮੱਖਣ ਨਾਸ ਹੋ ਜਾਂਦਾ ਹੈ (ਪੱਘਰ ਜਾਂਦਾ ਹੈ), ਜਾਂ, ਜਿਵੇਂ (ਪਾਣੀ ਦੇ ਢਲ ਜਾਣ ਨਾਲ) ਚੁਪੱਤੀ ਡਿੱਗ ਕੇ ਨਾਸ ਹੋ ਜਾਂਦੀ ਹੈ ।੨।

ਮਃ ੫ ॥ ਭੋਰੇ ਭੋਰੇ ਰੂਹੜੇ ਸੇਵੇਦੇ ਆਲਕੁ ॥ ਮੁਦਤਿ ਪਈ ਚਿਰਾਣੀਆ, ਫਿਰਿ ਕਡੂ ਆਵੈ ਰੁਤਿ ॥੩॥ {ਪੰਨਾ ੧੦੯੫}

ਪਦ ਅਰਥ :—ਭੋਰੇ ਰੂਹੜੇ—ਹੇ ਭੋਲੀਏ ਜਿੰਦੇ! ਹੇ ਭੋਲੀ ਰੂਹ! ਆਲਕੁ—ਆਲਸ । ਚਿਰਾਣੀਆ ਮੁਦਤਿ—ਢੇਰ ਸਮਾ । ਕਡੂ—ਕਦੋਂ?

ਅਰਥ :—ਹੇ ਭੋਲੀਏ ਜਿੰਦੇ! ਪਰਮਾਤਮਾ ਨੂੰ ਸਿਮਰਦਿਆਂ ਤੂੰ ਆਲਸ ਕਰਦੀ ਹੈਂ । ਲੰਮੀਆਂ ਮੁੱਦਤਾਂ ਪਿਛੋਂ (ਇਹ ਮਨੁੱਖਾ ਜਨਮ ਮਿਲਿਆ ਹੈ, ਜੇ ਸਿਮਰਨ ਤੋਂ ਸੱਖਣਾ ਬੀਤ ਗਿਆ) ਤਾਂ ਮੁੜ (ਕੀਹ ਪਤਾ ਹੈ?) ਕਦੋਂ (ਮਨੁੱਖਾ ਜਨਮ ਦੀ) ਰੁੱਤ ਆਵੇ ।੩।

ਪਉੜੀ ॥ ਤੁਧੁ ਰੂਪੁ ਨ ਰੇਖਿਆ ਜਾਤਿ ਤੂ ਵਰਨਾ ਬਾਹਰਾ ॥ ਏ ਮਾਣਸ ਜਾਣਹਿ ਦੂਰਿ ਤੂ ਵਰਤਹਿ ਜਾਹਰਾ ॥ ਤੂ ਸਭਿ ਘਟ ਭੋਗਹਿ ਆਪਿ ਤੁਧੁ ਲੇਪੁ ਨ ਲਾਹਰਾ ॥ ਤੂ ਪੁਰਖੁ ਅਨੰਦੀ ਅਨੰਤ ਸਭ ਜੋਤਿ ਸਮਾਹਰਾ ॥ ਤੂ ਸਭ ਦੇਵਾ ਮਹਿ ਦੇਵ ਬਿਧਾਤੇ ਨਰਹਰਾ ॥ ਕਿਆ ਆਰਾਧੇ ਜਿਹਵਾ ਇਕ, ਤੂ ਅਬਿਨਾਸੀ ਅਪਰਪਰਾ ॥ ਜਿਸੁ ਮੇਲਹਿ ਸਤਿਗੁਰੁ ਆਪਿ ਤਿਸ ਕੇ ਸਭਿ ਕੁਲ ਤਰਾ ॥ ਸੇਵਕ ਸਭਿ ਕਰਦੇ ਸੇਵ ਦਰਿ ਨਾਨਕੁ ਜਨੁ ਤੇਰਾ ॥੫॥ {ਪੰਨਾ ੧੦੯੬}

ਪਦ ਅਰਥ :—ਰੇਖਿਆ—ਰੇਖ, ਚਿਹਨ-ਚੱਕ੍ਰ । ਵਰਨ—ਬ੍ਰਾਹਮਣ, ਖੱਤ੍ਰੀ, ਵੈਸ਼, ਸ਼ੂਦਰ । ਮਾਣਸ—ਮਨੁੱਖ । ਏ—ਇਹ । ਜਾਹਰਾ—ਪਰਗਟ, ਪਰੱਤਖ । ਲੇਪੁ—ਅਸਰ, ਪ੍ਰਭਾਵ । ਨ ਲਾਹਰਾ—ਨਹੀਂ ਲੱਗਦਾ । ਅਨੰਦੀ—ਅਨੰਦ ਮਾਣਨ ਵਾਲਾ । ਸਮਾਹਰਾ—ਸਮਾਈ ਹੋਈ ਹੈ, ਵਿਆਪਕ । ਬਿਧਾਤੇ—ਹੇ ਸਿਰਜਣਹਾਰ! ਨਰਹਰਾ—ਹੇ ਪਰਮਾਤਮਾ! ਅਪਰਪਰਾ—ਪਰੇ ਤੋਂ ਪਰੇ । ਦਰਿ—ਦਰ ਉਤੇ ।

ਅਰਥ :—ਹੇ ਪ੍ਰਭੂ! ਤੇਰਾ ਕੋਈ (ਖ਼ਾਸ) ਰੂਪ ਨਹੀਂ ਕੋਈ ਚਿਹਨ-ਚੱਕ੍ਰ ਨਹੀਂ । ਤੇਰੀ ਕੋਈ (ਖ਼ਾਸ) ਜਾਤਿ ਨਹੀਂ, (ਬ੍ਰਾਹਮਣ ਖਤ੍ਰੀ ਆਦਿ) ਤੇਰਾ ਕੋਈ (ਖ਼ਾਸ) ਵਰਨ ਨਹੀਂ ਹੈ । ਇਹ ਮਨੁੱਖ ਤੈਨੂੰ ਕਿਤੇ ਦੂਰ ਥਾਂ ਵੱਸਦਾ ਸਮਝਦੇ ਹਨ, ਤੂੰ ਹਰ ਥਾਂ ਮੌਜੂਦ ਹੈਂ, ਸਭ ਜੀਵਾਂ ਵਿਚ ਵਿਆਪਕ ਹੋ ਕੇ ਪਦਾਰਥ ਭੋਗ ਰਿਹਾ ਹੈਂ, (ਫਿਰ ਭੀ) ਤੈਨੂੰ ਮਾਇਆ ਦਾ ਅਸਰ ਪੋਹ ਨਹੀਂ ਸਕਦਾ । ਤੂੰ ਸਦਾ ਅਨੰਦ ਰਹਿਣ ਵਾਲਾ ਹੈਂ, ਬੇਅੰਤ ਹੈਂ, ਸਭ ਵਿਚ ਵਿਆਪਕ ਹੈਂ, ਸਭਨਾਂ ਵਿਚ ਤੇਰੀ ਜੋਤਿ ਟਿਕੀ ਹੋਈ ਹੈ ।

ਹੇ ਸਿਰਜਣਹਾਰ! ਹੇ ਪਰਮਾਤਮਾ! ਸਾਰੇ ਦੇਵਤਿਆਂ ਵਿਚ ਤੂੰ ਆਪ ਹੀ ਦੇਵਤਾ (ਪ੍ਰਕਾਸ਼ ਕਰਨ ਵਾਲਾ) ਹੈਂ । ਤੂੰ ਪਰੇ ਤੋਂ ਪਰੇ ਹੈਂ, ਤੂੰ ਨਾਸ-ਰਹਿਤ ਹੈਂ, ਮੇਰੀ ਇਕ ਜੀਭ ਤੇਰੀ ਅਰਾਧਨਾ ਕਰਨ ਦੇ ਸਮਰੱਥ ਨਹੀਂ ਹੈ ।

ਹੇ ਪ੍ਰਭੂ! ਜਿਸ ਮਨੁੱਖ ਨੂੰ ਤੂੰ ਗੁਰੂ ਮਿਲਾ ਦੇਂਦਾ ਹੈਂ, ਉਸ ਦੀਆਂ ਸਾਰੀਆਂ ਕੁਲਾਂ ਤਰ ਜਾਂਦੀਆਂ ਹਨ, ਤੇਰੇ ਸਾਰੇ ਸੇਵਕ ਤੇਰੀ ਸੇਵਾ ਕਰਦੇ ਹਨ, ਮੈਂ ਤੇਰਾ ਦਾਸ ਨਾਨਕ (ਭੀ ਤੇਰੇ ਹੀ) ਦਰ ਤੇ (ਪਿਆ ਹਾਂ) ।੫।

ਡਖਣੇ ਮਃ ੫ ॥ ਗਹਡੜੜਾ ਤ੍ਰਿਣਿ ਛਾਇਆ, ਗਾਫਲ ਜਲਿਓਹੁ ਭਾਹਿ ॥ ਜਿਨਾ ਭਾਗ ਮਥਾਹੜੈ, ਤਿਨ ਉਸਤਾਦ ਪਨਾਹਿ ॥੧॥ {ਪੰਨਾ ੧੦੯੬}

ਪਦ ਅਰਥ :—ਗਹਡੜੜਾ—(ਸਰੀਰ-) ਛੱਪਰ । ਤ੍ਰਿਣਿ—ਕੱਖ ਨਾਲ । ਛਾਇਆ—ਬਣਿਆ ਹੋਇਆ । ਗਾਫਲ—ਗ਼ਾਫ਼ਲ ਮਨੁੱਖ ਦਾ । ਭਾਹਿ—ਅੱਗ ਵਿਚ, ਤ੍ਰਿਸ਼ਨਾ-ਅੱਗ ਵਿਚ । ਉਸਤਾਦ—ਗੁਰੂ । ਪਨਾਹਿ—ਓਟ, ਆਸਰਾ, ਸਹਾਰਾ ।

ਅਰਥ :—ਗ਼ਾਫ਼ਲ ਮਨੁੱਖ ਦਾ ਘਾਹ ਨਾਲ ਬਣਿਆ ਹੋਇਆ ਸਰੀਰ-ਛੱਪਰ ਤ੍ਰਿਸ਼ਨਾ ਦੀ ਅੱਗ ਵਿਚ ਸੜ ਰਿਹਾ ਹੈ । ਜਿਨ੍ਹਾਂ ਬੰਦਿਆਂ ਦੇ ਮੱਥੇ ਉਤੇ ਚੰਗੇ ਭਾਗ ਜਾਗਦੇ ਹਨ, ਉਹਨਾਂ ਨੂੰ ਗੁਰੂ ਦਾ ਸਹਾਰਾ ਮਿਲ ਜਾਂਦਾ ਹੈ (ਤੇ ਉਹ ਤ੍ਰਿਸ਼ਨਾ ਅੱਗ ਤੋਂ ਬਚ ਜਾਂਦੇ ਹਨ) ।੧।

ਮਃ ੫ ॥ ਨਾਨਕ ਪੀਠਾ ਪਕਾ ਸਾਜਿਆ, ਧਰਿਆ ਆਣਿ ਮਉਜੂਦੁ ॥ ਬਾਝਹੁ ਸਤਿਗੁਰ ਆਪਣੇ, ਬੈਠਾ ਝਾਕੁ ਦਰੂਦ ॥੨॥ {ਪੰਨਾ ੧੦੯੬}

ਪਦ ਅਰਥ :—ਆਣਿ—ਲਿਆ ਕੇ । ਮਉਜੂਦ—(ਖਾਣ ਲਈ) ਤਿਆਰ । ਦਰੂਦ—ਦੁਆ, ਅਰਦਾਸ {ਮੁਸਲਮਾਨ ਈਦ ਆਦਿਕ ਪਵਿਤ੍ਰ ਦਿਹਾੜੇ ਅੱਲਾ-ਨਿਮਿਤ ਆਪਣੇ ਕਾਜ਼ੀ ਨੂੰ ਚੰਗਾ-ਚੋਖਾ ਖਾਣਾ ਪਕਾ ਕੇ ਭੇਟਾ ਕਰਦੇ ਹਨ । ਕਾਜ਼ੀ ਆ ਕੇ ਪਹਿਲਾਂ ਦਰੂਦ ਪੜ੍ਹਦਾ ਹੈ, ਫਿਰ ਉਹ ਖਾਣਾ ਸ੍ਵੀਕਾਰ ਕਰਦਾ ਹੈ ।

ਉਸ ਤੋਂ ਪਿਛੋਂ ਘਰ ਵਾਲਿਆਂ ਨੂੰ ਖਾਣ ਨੂੰ ਮਿਲਦਾ ਹੈ । ਜਿਤਨਾ ਚਿਰ ਕਾਜ਼ੀ ਨਾਹ ਆਵੇ, ਘਰ ਦੇ ਅੰਞਾਣੇ-ਸਿਆਣੇ ਪਏ ਝਾਕਦੇ ਹਨ ਤੇ ਉਡੀਕਦੇ ਹਨ । ਤਿਆਰ ਹੋਏ ਖਾਣੇ ਉਹਨਾਂ ਦੇ ਸਾਹਮਣੇ ਪਏ ਰਹਿੰਦੇ ਹਨ, ਪਰ ਉਹਨਾਂ ਨੂੰ ਖਾਣ ਦੀ ਇਜਾਜ਼ਤ ਨਹੀਂ ਹੁੰਦੀ । ਇਸੇ ਤਰ੍ਹਾਂ ਜੀਵ ਕਈ ਸਾਧਨ ਪਿਆ ਕਰੇ, ਪਰ ਗੁਰੂ ਦੀ ਸਰਨ ਤੋਂ ਬਿਨਾ ਪ੍ਰਭੂ ਦੀ ਮੇਹਰ ਦਾ ਦਰ ਨਹੀਂ ਖੁਲ੍ਹਦਾ} ।

ਅਰਥ :—ਹੇ ਨਾਨਕ! (ਨਿਆਜ਼ ਆਦਿਕ ਦੇਣ ਲਈ ਸਰਧਾਲੂ ਮੁਸਲਮਾਨ ਆਟਾ) ਪਿਹਾ ਕੇ ਪਕਾ ਕੇ ਖਾਣਾ ਸੰਵਾਰ ਕੇ ਤਿਆਰ ਲਿਆ ਰੱਖਦਾ ਹੈ, (ਪਰ ਜਦ ਤਕ ਪੀਰ ਆ ਕੇ) ਦੁਆ (ਨਾ ਪੜ੍ਹੇ, ਉਹ) ਬੈਠਾ ਝਾਕਦਾ ਹੈ । (ਤਿਵੇਂ ਮਨੁੱਖ ਅਨੇਕਾਂ ਧਾਰਮਿਕ ਸਾਧਨ ਕਰਦਾ ਹੈ, ਪਰ) ਜਦ ਤਕ ਗੁਰੂ ਨਾਹ ਮਿਲੇ ਮਨੁੱਖ ਰੱਬ ਦੀ ਰਹਿਮਤ ਨੂੰ ਬੈਠਾ ਉਡੀਕਦਾ ਹੈ ।੨।

ਮਃ ੫ ॥ ਨਾਨਕ ਭੁਸਰੀਆ ਪਕਾਈਆ, ਪਾਈਆ ਥਾਲੈ ਮਾਹਿ ॥ ਜਿਨੀ ਗੁਰੂ ਮਨਾਇਆ, ਰਜਿ ਰਜਿ ਸੇਈ ਖਾਹਿ ॥੩॥ {ਪੰਨਾ ੧੦੯੬}

ਪਦ ਅਰਥ :—ਭੁਸਰੀ—ਗੁੜ ਵਾਲੀ ਰੋਟੀ, ਰੋਟ, ਮੰਨ, ਧਰਤੀ ਤੇ ਪਕਾਈ ਹੋਈ ਰੋਟੀ । {ਭੁ-ਸ਼੍ਰਿਤ । ਭੁ—ਭੂ, ਧਰਤੀ । ਸ਼੍ਰਿਤ—ਸ਼੍ਰਿਤ, ਇਮਪਲੋਇਦ, ਸਵਦ । ਭੂਸ਼੍ਰਿਤ—ਧਰਤੀ ਦਾ ਆਸਰਾ ਲੈ ਕੇ ਤਿਆਰ ਕੀਤੀ ਹੋਈ} ਨੋਟ :—ਗਰੀਬ ਟੱਪਰੀ-ਵਾਸ ਲੋਕ ਇੱਟ ਆਦਿਕ ਜਾਂ ਬੱਬਰ ਆਦਿਕ ਨੂੰ ਤਪਾ ਕੇ ਹੀ ਰੋਟੀ ਪਕਾ ਲੈਂਦੇ ਹਨ । ਰਜਿ ਰਜਿ—ਰੱਜ ਰੱਜ ਕੇ, ਸੁਆਦ ਨਾਲ ।

ਅਰਥ :—ਹੇ ਨਾਨਕ! (ਜੇ ਕੋਈ ਮਨੁੱਖ ਇਤਨੇ ਹੀ ਗ਼ਰੀਬ ਹਨ ਕਿ ਰਸੋਈ ਚੌਂਕਾ ਆਦਿਕ ਵਰਤਣ ਦੇ ਥਾਂ) ਧਰਤੀ ਉਤੇ ਹੀ ਮੰਨ ਪਕਾ ਲੈਂਦੇ ਹਨ ਤੇ ਥਾਲ ਵਿਚ ਪਾ ਲੈਂਦੇ ਹਨ, ਜੇ ਉਹਨਾਂ ਨੇ (ਆਪਣੇ) ਗੁਰੂ ਨੂੰ ਖ਼ੁਸ਼ ਕਰ ਲਿਆ ਹੈ (ਜੇ ਗੁਰੂ ਦੇ ਦੱਸੇ ਰਾਹ ਉਤੇ ਤੁਰ ਕੇ ਉਹਨਾਂ ਆਪਣੇ ਗੁਰੂ ਦੀ ਪ੍ਰਸੰਨਤਾ ਹਾਸਲ ਕਰ ਲਈ ਹੈ) ਤਾਂ ਉਹ ਉਹਨਾਂ ਭੁਸਰੀਆਂ ਨੂੰ ਧਰਤੀ ਉਤੇ ਪਕਾਈਆਂ ਰੋਟੀਆਂ ਨੂੰ ਹੀ ਸੁਆਦ ਨਾਲ ਖਾਂਦੇ ਹਨ (ਭਾਵ, ਗ਼ਰੀਬ ਮਨੁੱਖਾਂ ਨੂੰ ਗ਼ਰੀਬੀ ਵਿਚ ਹੀ ਸੁਖੀ ਜੀਵਨ ਅਨੁਭਵ ਹੁੰਦਾ ਹੈ ਜੇ ਉਹ ਗੁਰੂ ਦੇ ਰਸਤੇ ਤੁਰ ਕੇ ਗੁਰੂ ਦੀ ਪ੍ਰਸੰਨਤਾ ਪ੍ਰਾਪਤ ਕਰ ਲੈਂਦੇ ਹਨ) ।੩।

ਪਉੜੀ ॥ ਤੁਧੁ ਜਗ ਮਹਿ ਖੇਲੁ ਰਚਾਇਆ ਵਿਚਿ ਹਉਮੈ ਪਾਈਆ ॥ ਏਕੁ ਮੰਦਰੁ ਪੰਚ ਚੋਰ ਹਹਿ, ਨਿਤ ਕਰਹਿ ਬੁਰਿਆਈਆ ॥ ਦਸ ਨਾਰੀ ਇਕੁ ਪੁਰਖੁ ਕਰਿ ਦਸੇ ਸਾਦਿ ਲੋਭਾਈਆ ॥ ਏਨਿ ਮਾਇਆ ਮੋਹਣੀ ਮੋਹੀਆ ਨਿਤ ਫਿਰਹਿ ਭਰਮਾਈਆ ॥ ਹਾਠਾ ਦੋਵੈ ਕੀਤੀਓ ਸਿਵ ਸਕਤਿ ਵਰਤਾਈਆ ॥ ਸਿਵ, ਅਗੈ ਸਕਤੀ ਹਾਰਿਆ, ਏਵੈ ਹਰਿ ਭਾਈਆ ॥ ਇਕਿ ਵਿਚਹੁ ਹੀ ਤੁਧੁ ਰਖਿਆ ਜੋ ਸਤਸੰਗਿ ਮਿਲਾਈਆ ॥ ਜਲ ਵਿਚਹੁ ਬਿੰਬੁ ਉਠਾਲਿਓ ਜਲ ਮਾਹਿ ਸਮਾਈਆ ॥੬॥ {ਪੰਨਾ ੧੦੯੬}

ਪਦ ਅਰਥ :—ਵਿਚਿ—(ਜੀਵਾਂ ਦੇ) ਅੰਦਰ । ਮੰਦਰੁ—ਮਨੁੱਖਾ ਸਰੀਰ । ਪੰਚ ਚੋਰ—ਕਾਮਾਦਿਕ ਪੰਜੇ । ਕਰਹਿ—ਕਰਦੇ ਹਨ । ਦਸ ਨਾਰੀ—ਦਸ ਇੰਦ੍ਰੀਆਂ । ਪੁਰਖੁ—ਮਨ । ਸਾਦਿ—ਸੁਆਦ ਵਿਚ । ਏਨਿ ਮਾਇਆ—ਇਸ ਮਾਇਆ ਨੇ । ਫਿਰਹਿ—(ਦਸ ਨਾਰੀ) ਫਿਰਦੀਆਂ ਹਨ । ਹਾਠਾ—ਤਰਫ਼ਾਂ । ਸਿਵ—ਜੀਵ । ਸਕਤਿ—ਮਾਇਆ । ਭਾਈਆ—ਚੰਗੀ ਲੱਗੀ । ਇਕਿ—ਕਈ ਜੀਵ । ਬਿੰਬੁ—ਬੁਲਬੁਲਾ ।

ਅਰਥ :—ਹੇ ਪ੍ਰਭੂ! ਤੂੰ ਜੀਵਾਂ ਦੇ ਅੰਦਰ ਹਉਮੈ ਪਾ ਦਿੱਤੀ ਹੈ, (ਤੇ ਇਸ ਤਰ੍ਹਾਂ) ਜਗਤ ਵਿਚ ਇਕ ਤਮਾਸ਼ਾ ਰਚ ਦਿੱਤਾ ਹੈ । ਇਹ ਮਨੁੱਖਾ ਸਰੀਰ ਇਕ ਹੈ (ਇਸ ਵਿਚ) ਕਾਮਾਦਿਕ ਪੰਜ ਚੋਰ ਹਨ ਜੋ ਸਦਾ ਹੀ ਭੈੜ ਕਰਦੇ ਰਹਿੰਦੇ ਹਨ । (ਇਕ ਪਾਸੇ) ਮਨ ਇਕੱਲਾ ਹੈ, (ਇਸ ਦੇ ਨਾਲ) ਦਸ ਇੰਦ੍ਰੀਆਂ ਹਨ, ਇਹ ਦਸੇ ਹੀ (ਮਾਇਆ ਦੇ) ਸੁਆਦ ਵਿਚ ਫਸੀਆਂ ਹੋਈਆਂ ਹਨ । ਇਸ ਮੋਹਣੀ ਮਾਇਆ ਨੇ ਇਹਨਾਂ ਨੂੰ ਮੋਹਿਆ ਹੋਇਆ ਹੈ (ਇਸ ਵਾਸਤੇ ਇਹ) ਸਦਾ ਭਟਕਦੀਆਂ ਫਿਰਦੀਆਂ ਹਨ ।

(ਪਰ) ਇਹ ਦੋਵੇਂ ਪਾਸੇ ਤੂੰ ਆਪ ਹੀ ਬਣਾਏ ਹਨ, ਜੀਵਾਤਮਾ ਤੇ ਮਾਇਆ ਦੀ ਖੇਡ ਤੂੰ ਹੀ ਰਚੀ ਹੈ । ਹੇ ਹਰੀ! ਤੈਨੂੰ ਇਉਂ ਹੀ ਚੰਗਾ ਲੱਗਾ ਹੈ ਕਿ ਜੀਵਾਤਮਾ ਮਾਇਆ ਦੇ ਟਾਕਰੇ ਤੇ ਹਾਰ ਰਿਹਾ ਹੈ ।

ਪਰ ਜਿਨ੍ਹਾਂ ਨੂੰ ਤੂੰ ਸਤਸੰਗ ਵਿਚ ਜੋੜਿਆ ਹੈ ਉਹਨਾਂ ਨੂੰ ਤੂੰ ਮਾਇਆ ਵਿਚੋਂ ਬਚਾ ਲਿਆ ਹੈ (ਤੇ ਆਪਣੇ ਚਰਨਾਂ ਵਿਚ ਲੀਨ ਕਰ ਰੱਖਿਆ ਹੈ) ਜਿਵੇਂ ਪਾਣੀ ਵਿਚੋਂ ਬੁਲਬੁਲਾ ਪੈਦਾ ਹੁੰਦਾ ਹੈ ਤੇ ਪਾਣੀ ਵਿਚ ਹੀ ਲੀਨ ਹੋ ਜਾਂਦਾ ਹੈ (ਉਹ ਤੇਰੇ ਅੰਦਰ ਲੀਨ ਹੋਏ ਰਹਿੰਦੇ ਹਨ) ।੬।

ਡਖਣੇ ਮਃ ੫ ॥ ਆਗਾਹਾ ਕੂ ਤ੍ਰਾਘਿ, ਪਿਛਾ ਫੇਰਿ ਨ ਮੁਹਡੜਾ ॥ ਨਾਨਕ ਸਿਝਿ ਇਵੇਹਾ ਵਾਰ, ਬਹੁੜਿ ਨ ਹੋਵੀ ਜਨਮੜਾ ॥੧॥ {ਪੰਨਾ ੧੦੯੬}

ਪਦ ਅਰਥ :—ਤ੍ਰਾਘਿ—ਤਾਂਘ ਕਰ । ਸਿਝਿ—ਸਫਲ ਹੋ, ਕਾਮਯਾਬ ਹੋ । ਇਵੇਹਾ ਵਾਰ—ਇਸੇ ਵਾਰੀ, ਇਸੇ ਜਨਮ ਵਿਚ । ਬਹੁੜਿ—ਮੁੜ, ਫਿਰ ।

ਅਰਥ :—(ਹੇ ਭਾਈ!) ਅਗਾਂਹ ਵਧਣ ਲਈ ਤਾਂਘ ਕਰ, ਪਿਛਾਂਹ ਨੂੰ ਮੋਢਾ ਨ ਮੋੜ (ਜੀਵਨ ਨੂੰ ਹੋਰ ਹੋਰ ਉੱਚਾ ਬਣਾਣ ਲਈ ਉੱਦਮ ਕਰ, ਨੀਵਾਂ ਨ ਹੋਣ ਦੇ) । ਹੇ ਨਾਨਕ! ਇਸੇ ਜਨਮ ਵਿਚ ਕਾਮਯਾਬ ਹੋ (ਜੀਵਨ-ਖੇਡ ਜਿੱਤ) ਤਾਕਿ ਮੁੜ ਜਨਮ ਨਾਹ ਲੈਣਾ ਪਏ ।੧।

ਮਃ ੫ ॥ ਸਜਣੁ ਮੈਡਾ ਚਾਈਆ, ਹਭ ਕਹੀ ਦਾ ਮਿਤੁ ॥ ਹਭੇ ਜਾਣਨਿ ਆਪਣਾ, ਕਹੀ ਨ ਠਾਹੇ ਚਿਤੁ ॥੨॥

ਪਦ ਅਰਥ :—ਸਜਣੁ—ਮਿਤ੍ਰ-ਪ੍ਰਭੂ । ਮੈਡਾ—ਮੇਰਾ । ਚਾਈਆ—ਚਾ ਵਾਲਾ, ਪਿਆਰ-ਭਰੇ ਦਿਲ ਵਾਲਾ । ਹਭ ਕਹੀ ਦਾ—ਹਰ ਕਿਸੇ ਦਾ । ਹਭੇ—ਸਾਰੇ ਜੀਵ । ਜਾਣਨਿ—ਜਾਣਦੇ ਹਨ । ਕਹੀ ਚਿਤੁ—ਕਿਸੇ ਦਾ ਭੀ ਦਿਲ । ਨ ਠਾਹੇ—ਨਹੀਂ ਢਾਹੁੰਦਾ, ਨਹੀਂ ਤੋੜਦਾ ।

ਅਰਥ :—ਮੇਰਾ ਮਿਤ੍ਰ-ਪ੍ਰਭੂ ਪਿਆਰ-ਭਰੇ ਦਿਲ ਵਾਲਾ ਹੈ, ਹਰ ਕਿਸੇ ਦਾ ਮਿੱਤਰ ਹੈ (ਹਰੇਕ ਨਾਲ ਪਿਆਰ ਕਰਦਾ ਹੈ) । ਸਾਰੇ ਹੀ ਜੀਵ ਉਸ ਪ੍ਰਭੂ ਨੂੰ ਆਪਣਾ (ਮਿਤ੍ਰ) ਜਾਣਦੇ ਹਨ, ਉਹ ਕਿਸੇ ਦਾ ਦਿਲ ਤੋੜਦਾ ਨਹੀਂ ।੨।

ਮਃ ੫ ॥ ਗੁਝੜਾ ਲਧਮੁ ਲਾਲੁ, ਮਥੈ ਹੀ ਪਰਗਟੁ ਥਿਆ ॥ ਸੋਈ ਸੁਹਾਵਾ ਥਾਨੁ, ਜਿਥੈ ਪਿਰੀਏ ਨਾਨਕ ਜੀ ਤੂ ਵੁਠਿਆ ॥੩॥ {ਪੰਨਾ ੧੦੯੬}

ਪਦ ਅਰਥ :—ਗੁਝੜਾ—(ਅੰਦਰ) ਲੁਕਿਆ ਹੋਇਆ । ਲਧਮੁ—ਮੈਂ ਲੱਭਾ । ਮਥੈ—ਮੱਥੇ ਉਤੇ । ਥਿਆ—ਹੋ ਗਿਆ । ਸੁਹਾਵਾ—ਸੋਹਣਾ । ਪਿਰੀਏ

ਜੀ—ਹੇ ਪਿਰ ਜੀ! ਹੇ ਪਤੀ-ਪ੍ਰਭੂ ਜੀ । ਨਾਨਕ—ਹੇ ਨਾਨਕ! (ਆਖ) । ਵੁਠਿਆ—ਆ ਵੱਸਿਆ ।

ਅਰਥ :—(ਪ੍ਰਭੂ-ਪਤੀ ਦੀ ਮਿਹਰ ਹੋਈ, ਤਾਂ ਉਹ ਪ੍ਰਭੂ-) ਲਾਲ ਮੇਰੇ ਅੰਦਰ ਲੁਕਿਆ ਹੋਇਆ ਹੀ ਮੈਨੂੰ ਲੱਭ ਪਿਆ, (ਇਸ ਦੀ ਬਰਕਤਿ ਨਾਲ) ਮੇਰੇ ਮੱਥੇ ਉਤੇ ਪਰਕਾਸ਼ ਹੋ ਗਿਆ (ਭਾਵ, ਮੇਰਾ ਮਨ ਤਨ ਖਿੜ ਪਿਆ) । ਹੇ ਨਾਨਕ! (ਆਖ—) ਹੇ ਪ੍ਰਭੂ-ਪਤੀ! ਜਿਸ ਹਿਰਦੇ ਵਿਚ ਤੂੰ ਆ ਵੱਸਦਾ ਹੈਂ, ਉਹ ਹਿਰਦਾ ਸੋਹਣਾ ਹੋ ਜਾਂਦਾ ਹੈ ।੩।

ਪਉੜੀ ॥ ਜਾ ਤੂ ਮੇਰੈ ਵਲਿ ਹੈ ਤਾ ਕਿਆ ਮੁਹਛੰਦਾ ॥ ਤੁਧੁ ਸਭੁ ਕਿਛੁ ਮੈਨੋ ਸਉਪਿਆ ਜਾ ਤੇਰਾ ਬੰਦਾ ॥ ਲਖਮੀ ਤੋਟਿ ਨ ਆਵਈ ਖਾਇ ਖਰਚਿ ਰਹੰਦਾ ॥ ਲਖ ਚਉਰਾਸੀਹ ਮੇਦਨੀ ਸਭ ਸੇਵ ਕਰੰਦਾ ॥ ਏਹ ਵੈਰੀ ਮਿਤ੍ਰ ਸਭਿ ਕੀਤਿਆ ਨਹ ਮੰਗਹਿ ਮੰਦਾ ॥ ਲੇਖਾ ਕੋਇ ਨ ਪੁਛਈ ਜਾ ਹਰਿ ਬਖਸੰਦਾ ॥ ਅਨੰਦੁ ਭਇਆ ਸੁਖੁ ਪਾਇਆ ਮਿਲਿ ਗੁਰ ਗੋਵਿੰਦਾ ॥ ਸਭੇ ਕਾਜ ਸਵਾਰਿਐ ਜਾ ਤੁਧੁ ਭਾਵੰਦਾ ॥੭॥ {ਪੰਨਾ ੧੦੯੬}

ਪਦ ਅਰਥ :—ਮੁਹਛੰਦਾ—ਮੁਥਾਜੀ । ਬੰਦਾ—ਸੇਵਕ, ਗ਼ੁਲਾਮ । ਲਖਮੀ—ਮਾਇਆ । ਤੋਟਿ—ਕਮੀ । ਰਹੰਦਾ—ਰੱਖਦਾ । ਮੇਦਨੀ—ਧਰਤੀ । ਸਭਿ—ਸਾਰੇ । ਮੰਗਹਿ—ਚਿਤਵਦੇ । ਮਿਲਿ—ਮਿਲ ਕੇ । ਤੁਧੁ ਭਾਵੰਦਾ—ਤੈਨੂੰ ਭਾਵੇ ।

ਅਰਥ :—ਹੇ ਪ੍ਰਭੂ! ਜਦੋਂ ਤੂੰ ਮੇਰੀ ਸਹਾਇਤਾ ਤੇ ਹੋਵੇਂ, ਤਾਂ ਮੈਨੂੰ ਕਿਸੇ ਹੋਰ ਦੀ ਕੋਈ ਮੁਥਾਜੀ ਨਹੀਂ ਰਹਿ ਜਾਂਦੀ । ਜਦੋਂ ਮੈਂ ਤੇਰਾ ਸੇਵਕ ਬਣਦਾ ਹਾਂ, ਤਾਂ ਤੂੰ ਮੈਨੂੰ ਸਭ ਕੁਝ ਦੇ ਦੇਂਦਾ ਹੈਂ । ਮੈਨੂੰ ਧਨ-ਪਦਾਰਥ ਦੀ ਕੋਈ ਕਮੀ ਨਹੀਂ ਰਹਿੰਦੀ ਮੈਂ (ਤੇਰਾ ਇਹ ਨਾਮ-ਧਨ) ਵਰਤਦਾ ਹਾਂ ਵੰਡਦਾ ਹਾਂ ਤੇ ਇਕੱਠਾ ਭੀ ਕਰਦਾ ਹਾਂ । ਧਰਤੀ ਦੇ ਚੌਰਾਸੀ ਲੱਖ ਜੀਵ ਹੀ ਮੇਰੀ ਸੇਵਾ ਕਰਨ ਲੱਗ ਪੈਂਦੇ ਹਨ । ਤੂੰ ਵੈਰੀਆਂ ਨੂੰ ਭੀ ਮੇਰੇ ਮਿਤ੍ਰ ਬਣਾ ਦੇਂਦਾ ਹੈਂ, ਕੋਈ ਭੀ ਮੇਰਾ ਬੁਰਾ ਨਹੀਂ ਚਿਤਵਦੇ ।

ਹੇ ਹਰੀ! ਜਦੋਂ ਤੂੰ ਮੈਨੂੰ ਬਖ਼ਸ਼ਣ ਵਾਲਾ ਹੋਵੇਂ, ਤਾਂ ਕੋਈ ਭੀ ਮੈਨੂੰ ਮੇਰੇ ਕੀਤੇ ਕਰਮਾਂ ਦਾ ਹਿਸਾਬ ਨਹੀਂ ਪੁੱਛਦਾ, ਕਿਉਂਕਿ ਗੋਵਿੰਦ-ਰੂਪ ਗੁਰੂ ਨੂੰ ਮਿਲ ਕੇ ਮੇਰੇ ਅੰਦਰ ਠੰਢ ਪੈ ਜਾਂਦੀ ਹੈ ਮੈਨੂੰ ਸੁਖ ਪ੍ਰਾਪਤ ਹੋ ਜਾਂਦਾ ਹੈ । ਜਦੋਂ ਤੇਰੀ ਰਜ਼ਾ ਹੋਵੇ, ਤਾਂ ਮੇਰੇ ਸਾਰੇ ਕੰਮ ਸੰਵਰ ਜਾਂਦੇ ਹਨ ।੭।

ਡਖਣੇ ਮਃ ੫ ॥ ਡੇਖਣ ਕੂ ਮੁਸਤਾਕੁ, ਮੁਖੁ ਕਿਜੇਹਾ ਤਉ ਧਣੀ ॥ ਫਿਰਦਾ ਕਿਤੈ ਹਾਲਿ, ਜਾ ਡਿਠਮੁ ਤਾ ਮਨੁ ਧ੍ਰਾਪਿਆ ॥੧॥ {ਪੰਨਾ ੧੦੯੬}

ਪਦ ਅਰਥ :—ਕੂ—ਵਾਸਤੇ । ਮੁਸਤਾਕੁ—ਉਤਾਵਲਾ, ਚਾਹਵਾਨ । ਕਿਜੇਹਾ—ਕਿਹੋ ਜੇਹਾ? ਤਉ—ਤੇਰਾ । ਧਣੀ—ਹੇ ਮਾਲਕ! ਕਿਤੈ ਹਾਲਿ—ਕਿਸੇ (ਭੈੜੇ) ਹਾਲ ਵਿਚ । ਜਾ—ਜਦੋਂ । ਡਿਠਮੁ—ਮੈਂ ਵੇਖ ਲਿਆ । ਧ੍ਰਾਪਿਆ—ਰੱਜ ਗਿਆ ।

ਅਰਥ :—ਹੇ (ਮੇਰੇ) ਮਾਲਕ! ਤੇਰਾ ਮੂੰਹ ਕਿਹੋ ਜਿਹਾ ਹੈ? ਮੈਂ ਤੇਰਾ ਮੁਖ ਦੇਖਣ ਦਾ ਬੜਾ ਚਾਹਵਾਨ ਸਾਂ, (ਮਾਇਆ-ਵੱਸ ਹੋ ਕੇ) ਮੈਂ ਕਿਸੇ ਭੈੜੇ ਹਾਲ ਵਿਚ ਭਟਕਦਾ ਫਿਰਦਾ ਸਾਂ, ਪਰ ਜਦੋਂ ਤੇਰਾ ਮੂੰਹ ਮੈਂ ਵੇਖ ਲਿਆ, ਤਾਂ ਮੇਰਾ ਮਨ (ਮਾਇਆ ਵਲੋਂ) ਤ੍ਰਿਪਤ ਹੋ ਗਿਆ ।੧।

ਮਃ ੫ ॥ ਦੁਖੀਆ ਦਰਦ ਘਣੇ, ਵੇਦਨ ਜਾਣੇ ਤੂ ਧਣੀ ॥ ਜਾਣਾ ਲਖ ਭਵੇ, ਪਿਰੀ ਡਿਖੰਦੋ ਤਾ ਜੀਵਸਾ ॥੨॥ {ਪੰਨਾ ੧੦੯੭}

ਪਦ ਅਰਥ :—ਧਣੀ—ਹੇ ਮਾਲਕ! ਵੇਦਨ—ਪੀੜਾਂ, ਦੁੱਖ । ਭਵੇ—ਭਾਵੇਂ । ਜਾਣਾ ਲਖ—ਮੈਂ ਲੱਖ ਵਾਰੀ ਜਾਣਦਾ ਹੋਵਾਂ । ਪਿਰੀ ਡਿਖੰਦੋ—ਖਸਮ-ਪ੍ਰਭੂ ਨੂੰ ਵੇਖਾਂ । ਜੀਵਸਾ—ਮੈਂ ਜੀਉ ਸਕਦੀ ਹਾਂ, ਮੇਰੇ ਵਿਚ ਜਿੰਦ ਪੈਂਦੀ ਹੈ, ਮੈਨੂੰ ਸੁਖ ਦਾ ਸਾਹ ਆਉਂਦਾ ਹੈ ।

ਅਰਥ :—(ਪ੍ਰਭੂ ਦੇ ਦਰਸਨ ਖੁਣੋਂ) ਮੈਂ ਦੁਖੀ ਹਾਂ, ਮੇਰੇ ਅੰਦਰ ਅਨੇਕਾਂ ਪੀੜਾਂ ਹਨ । ਹੇ ਖਸਮ! ਮੇਰੇ ਦਿਲ ਦੀ ਪੀੜ ਤੂੰ ਹੀ ਜਾਣਦਾ ਹੈਂ । ਪਰ ਭਾਵੇਂ ਮੈਨੂੰ ਲੱਖ ਪਤਾ ਹੋਵੇ (ਕਿ ਤੂੰ ਮੇਰੀ ਵੇਦਨ ਜਾਣਦਾ ਹੈਂ, ਫਿਰ ਭੀ) ਮੈਨੂੰ ਸੁਖ ਦਾ ਸਾਹ ਤਦੋਂ ਹੀ ਆਉਂਦਾ ਹੈ ਜਦੋਂ ਮੈਂ ਤੇਰਾ ਦਰਸਨ ਕਰਾਂ ।੨।

ਮਃ ੫ ॥ ਢਹਦੀ ਜਾਇ ਕਰਾਰਿ, ਵਹਣਿ ਵਹੰਦੇ ਮੈ ਡਿਠਿਆ ॥ ਸੇਈ ਰਹੇ ਅਮਾਣ, ਜਿਨਾ ਸਤਿਗੁਰੁ ਭੇਟਿਆ ॥੩॥ {ਪੰਨਾ ੧੦੯੭}

ਪਦ ਅਰਥ :—ਕਰਾਰਿ—(ਸੰਸਾਰ-ਨਦੀ ਦਾ) ਕਿਨਾਰਾ । ਵਹਣਿ—ਵਹਣ ਵਿਚ, ਨਦੀ ਦੇ ਰੋਹੜ ਵਿਚ । ਵਹੰਦੇ—ਰੁੜ੍ਹਦੇ । ਸੇਈ—ਉਹੀ ਬੰਦੇ । ਅਮਾਣ—ਸਹੀ-ਸਲਾਮਤ । ਭੇਟਿਆ—ਮਿਲਿਆ ।

ਅਰਥ :—(ਸੰਸਾਰ-ਨਦੀ ਵਿਚ ਵਿਕਾਰਾਂ ਨੇ ਢਾਹ ਲਾਈ ਹੋਈ ਹੈ, ਨਦੀ ਦਾ) ਕੰਢਾ ਢਹਿੰਦਾ ਜਾ ਰਿਹਾ ਹੈ, (ਵਿਕਾਰਾਂ ਦੇ) ਰੋੜ੍ਹ ਵਿਚ ਅਨੇਕਾਂ ਬੰਦੇ ਰੁੜ੍ਹਦੇ ਮੈਂ (ਆਪ) ਵੇਖੇ ਹਨ । ਉਹੀ ਸਹੀ-ਸਲਾਮਤ ਰਹਿੰਦੇ ਹਨ, ਜਿਨ੍ਹਾਂ ਨੂੰ ਸਤਿਗੁਰੂ ਮਿਲ ਪੈਂਦਾ ਹੈ ।੩।

ਪਉੜੀ ॥ ਜਿਸੁ ਜਨ ਤੇਰੀ ਭੁਖ ਹੈ ਤਿਸੁ ਦੁਖੁ ਨ ਵਿਆਪੈ ॥ ਜਿਨਿ ਜਨਿ ਗੁਰਮੁਖਿ ਬੁਝਿਆ ਸੁ ਚਹੁ ਕੁੰਡੀ ਜਾਪੈ ॥ ਜੋ ਨਰੁ ਉਸ ਕੀ ਸਰਣੀ ਪਰੈ ਤਿਸੁ ਕੰਬਹਿ ਪਾਪੈ ॥ ਜਨਮ ਜਨਮ ਕੀ ਮਲੁ ਉਤਰੈ ਗੁਰ ਧੂੜੀ ਨਾਪੈ ॥ ਜਿਨਿ ਹਰਿ ਭਾਣਾ ਮੰਨਿਆ ਤਿਸੁ ਸੋਗੁ ਨ ਸੰਤਾਪੈ ॥ ਹਰਿ ਜੀਉ ਤੂ ਸਭਨਾ ਕਾ ਮਿਤੁ ਹੈ ਸਭਿ ਜਾਣਹਿ ਆਪੈ ॥ ਐਸੀ ਸੋਭਾ ਜਨੈ ਕੀ ਜੇਵਡੁ ਹਰਿ ਪਰਤਾਪੈ ॥ ਸਭ ਅੰਤਰਿ ਜਨ ਵਰਤਾਇਆ, ਹਰਿ, ਜਨ ਤੇ ਜਾਪੈ ॥੮॥ {ਪੰਨਾ ੧੦੯੭}

ਪਦ ਅਰਥ :—ਨ ਵਿਆਪੈ—ਪੋਂਹਦਾ ਨਹੀਂ । ਜਿਨਿ ਜਨਿ—ਜਿਸ ਜਨ ਨੇ । ਗੁਰਮੁਖਿ—ਗੁਰੂ ਦੇ ਸਨਮੁਖ ਹੋ ਕੇ । ਚਹੁ ਕੁੰਡੀ—ਚਾਰੇ ਪਾਸੀਂ, ਸਾਰੇ ਜਗਤ ਵਿਚ । ਜਾਪੈ—ਪਰਗਟ ਹੋ ਜਾਂਦਾ ਹੈ । ਤਿਸੁ ਕੰਬਹਿ ਪਾਪੈ—ਪਾਪ ਉਸ ਤੋਂ ਕੰਬਦੇ ਹਨ, ਪਾਪ ਉਸ ਦੇ ਨੇੜੇ ਨਹੀਂ ਢੁਕਦੇ । ਨਾਪੈ—ਇਸ਼ਨਾਨ ਕਰਦਾ ਹੈ । ਜਿਨਿ—ਜਿਸ ਮਨੁੱਖ ਨੇ । ਨ ਸੰਤਾਪੈ—ਦੁੱਖ ਨਹੀਂ ਦੇਂਦਾ । ਸਭਿ ਜਾਣਹਿ ਆਪੈ—ਸਭ ਨੂੰ ਤੂੰ ਆਪਣਾ ਸਮਝਦਾ ਹੈਂ । ਜਨ ਵਰਤਾਇਆ—ਸੇਵਕ ਦੀ ਸੋਭਾ ਟਿਕਾ ਦਿੱਤੀ । ਜਨ ਤੇ—ਸੇਵਕ ਤੋਂ । ਜਾਪੈ—ਪਛਾਣਿਆ ਜਾਂਦਾ ਹੈ ।

ਅਰਥ :—ਹੇ ਪ੍ਰਭੂ! ਜਿਸ ਮਨੁੱਖ ਨੂੰ ਤੇਰੇ ਨਾਮ ਦੀ ਤਾਂਘ ਹੈ ਉਸ ਮਨੁੱਖ ਨੂੰ ਕੋਈ ਦੁੱਖ ਪੋਹ ਨਹੀਂ ਸਕਦਾ । ਜਿਸ ਸੇਵਕ ਨੇ ਗੁਰੂ ਦੀ ਸਰਨ ਪੈ ਕੇ ਤੇਰੇ

ਨਾਲ ਸਾਂਝ ਪਾਈ ਹੈ ਉਹ ਸਾਰੇ ਜਗਤ ਵਿਚ ਪਰਗਟ ਹੋ ਜਾਂਦਾ ਹੈ । (ਫਿਰ) ਜੋ ਮਨੁੱਖ ਉਸ ਸੇਵਕ ਦੀ ਸਰਨ ਪੈਂਦਾ ਹੈ, ਉਸ ਦੇ ਭੀ ਨੇੜੇ ਕੋਈ ਪਾਪ ਨਹੀਂ ਢੁਕਦੇ । ਗੁਰੂ ਦੀ ਚਰਨਾਂ ਦੀ ਧੂੜ ਵਿਚ ਇਸ਼ਨਾਨ ਕਰ ਕੇ ਉਸ ਦੀ ਕਈ ਜਨਮਾਂ ਦੀ (ਵਿਕਾਰਾਂ ਦੀ) ਮੈਲ ਲਹਿ ਜਾਂਦੀ ਹੈ । ਜਿਸ ਮਨੁੱਖ ਨੇ ਪ੍ਰਭੂ ਦੀ ਰਜ਼ਾ ਨੂੰ (ਮਿੱਠਾ ਕਰ ਕੇ) ਮੰਨ ਲਿਆ ਹੈ ਉਸ ਨੂੰ ਕੋਈ ਚਿੰਤਾ-ਫ਼ਿਕਰ ਦੁੱਖ ਨਹੀਂ ਦੇ ਸਕਦਾ ।

ਹੇ ਪ੍ਰਭੂ ਜੀ! ਤੂੰ ਸਾਰੇ ਜੀਵਾਂ ਦਾ ਮਿੱਤਰ ਹੈਂ, ਸਾਰੇ ਜੀਵਾਂ ਨੂੰ ਤੂੰ ਆਪਣੇ ਸਮਝਦਾ ਹੈਂ ।

ਪ੍ਰਭੂ ਦੇ ਸੇਵਕ ਦੀ ਸੋਭਾ ਉਤਨੀ ਹੀ ਵੱਡੀ ਹੋ ਜਾਂਦੀ ਹੈ ਜਿਤਨਾ ਵੱਡਾ ਪ੍ਰਭੂ ਦਾ ਆਪਣਾ ਤੇਜ-ਪਰਤਾਪ ਹੈ । ਪ੍ਰਭੂ ਆਪਣੇ ਸੇਵਕ ਦੀ ਵਡਿਆਈ ਸਭ ਜੀਵਾਂ ਦੇ ਅੰਦਰ ਟਿਕਾ ਦੇਂਦਾ ਹੈ । ਪ੍ਰਭੂ ਆਪਣੇ ਸੇਵਕ ਤੋਂ ਹੀ ਪਛਾਣਿਆ ਜਾਂਦਾ ਹੈ ।੮।

ਡਖਣੇ ਮਃ ੫ ॥ ਜਿਨਾ ਪਿਛੈ ਹਉ ਗਈ, ਸੇ ਮੈ ਪਿਛੈ ਭੀ ਰਵਿਆਸੁ ॥ ਜਿਨਾ ਕੀ ਮੈ ਆਸੜੀ, ਤਿਨਾ ਮਹਿਜੀ ਆਸ ॥੧॥ {ਪੰਨਾ ੧੦੯੭}

ਪਦ ਅਰਥ :—ਹਉ—ਮੈਂ । ਸੇ ਭੀ—ਉਹ ਭੀ । ਮੈ ਪਿਛੈ—ਮੇਰੇ ਪਿਛੇ ਪਿਛੇ । ਰਵਿਆਸੁ—ਤੁਰੇ ਫਿਰਦੇ ਹਨ {ਰਮੱ—ਜਾਣਾ} । ਆਸੜੀ—ਮਾੜੀ ਮਾੜੀ ਆਸ । ਮਹਿਜੀ—ਮੇਰੀ ।

ਅਰਥ :—(ਮਾਇਆ ਦਾ ਅਜਬ ਪ੍ਰਭਾਵ ਹੈ, ਸਭ ਮਾਇਆ ਦੀ ਖ਼ਾਤਰ ਭਟਕਦੇ ਫਿਰਦੇ ਹਨ, ਮਾਇਆ ਵਾਸਤੇ) ਜਿਨ੍ਹਾਂ ਬੰਦਿਆਂ ਦੇ ਪਿਛੇ ਮੈਂ ਜਾਂਦਾ ਹਾਂ (ਜਿਨ੍ਹਾਂ ਦੀ ਮੁਥਾਜੀ ਮੈਂ ਕੱਢਦਾ ਹਾਂ, ਜਦੋਂ ਮੈਂ ਉਹਨਾਂ ਵਲ ਤੱਕਦਾ ਹਾਂ, ਤਾਂ) ਉਹ ਭੀ ਮੇਰੇ ਪਿਛੇ ਪਿਛੇ ਤੁਰੇ ਫਿਰਦੇ ਹਨ । ਜਿਨ੍ਹਾਂ ਦੀ ਸਹੈਤਾ ਦੀ ਮੈਂ ਆਸ ਰੱਖੀ ਫਿਰਦਾ ਹਾਂ, ਉਹ ਮੈਥੋਂ ਆਸ ਬਣਾਈ ਬੈਠੇ ਹਨ ।੧।

ਮਃ ੫ ॥ ਗਿਲੀ ਗਿਲੀ ਰੋਡੜੀ, ਭਉਦੀ ਭਵਿ ਭਵਿ ਆਇ ॥ ਜੋ ਬੈਠੇ ਸੇ ਫਾਥਿਆ, ਉਬਰੇ ਭਾਗ ਮਥਾਇ ॥੨॥ {ਪੰਨਾ ੧੦੯੭}

ਪਦ ਅਰਥ :—ਗਿਲੀ ਗਿਲੀ—ਚਿਪ-ਚਿਪ ਕਰਦੀ । ਰੋਡੜੀ—ਗੁੜ ਦੀ ਰੋੜੀ । ਭਉਦੀ—ਮੱਖੀ । ਭਵਿ ਭਵਿ—ਮੁੜ ਮੁੜ ਉੱਡ ਉੱਡ ਕੇ । ਮਥਾਇ—ਮੱਥੇ ਉਤੇ ।

ਅਰਥ :—ਚਿਪ-ਚਿਪ ਕਰਦੀ ਗੁੜ ਦੀ ਰੋੜੀ ਉੱਤੇ ਮੱਖੀ ਮੁੜ ਮੁੜ ਉੱਡ ਕੇ ਆ ਬੈਠਦੀ ਹੈ (ਤੇ ਆਖ਼ਰ ਗੁੜ ਨਾਲ ਹੀ ਚੰਬੜ ਜਾਂਦੀ ਹੈ ਤੇ ਉਥੇ ਹੀ ਮਰ ਜਾਂਦੀ ਹੈ, ਇਹੀ ਹਾਲ ਹੈ ਮਾਇਆ ਦਾ,) ਜੇਹੜੇ ਜੇਹੜੇ ਬੰਦੇ (ਮਾਇਆ ਦੇ ਨੇੜੇ ਹੋ ਹੋ) ਬੈਠਦੇ ਹਨ ਉਹ (ਇਸ ਦੇ ਮੋਹ ਵਿਚ) ਫਸ ਜਾਂਦੇ ਹਨ, (ਸਿਰਫ਼) ਉਹੀ ਬਚਦੇ ਹਨ ਜਿਨ੍ਹਾਂ ਦੇ ਮੱਥੇ ਦੇ ਭਾਗ (ਜਾਗਦੇ ਹਨ) ।੨।

ਮਃ ੫ ॥ ਡਿਠਾ ਹਭ ਮਝਾਹਿ, ਖਾਲੀ ਕੋਇ ਨ ਜਾਣੀਐ ॥ ਤੈ ਸਖੀ ਭਾਗ ਮਥਾਹਿ, ਜਿਨੀ ਮੇਰਾ ਸਜਣੁ ਰਾਵਿਆ ॥੩॥ {ਪੰਨਾ ੧੦੯੭}

ਪਦ ਅਰਥ :—ਹਭ ਮਝਾਹਿ—ਸਭ ਜੀਵਾਂ ਵਿਚ । ਤੈ ਮਥਾਹਿ—ਉਹਨਾਂ ਦੇ ਹੀ ਮੱਥੇ ਉਤੇ । ਰਾਵਿਆ—ਮਿਲਾਪ ਦਾ ਰਸ ਮਾਣਿਆ ਹੈ ।

ਅਰਥ :—(ਇਹ ਅਸਚਰਜ ਖੇਡ ਹੈ ਕਿ ਜੀਵ ਮਾਇਆ ਦੇ ਮੋਹ ਵਿਚ ਫਸ ਜਾਂਦੇ ਹਨ । ਕੀ ਇਹਨਾਂ ਦੇ ਅੰਦਰ ਰੱਬ ਨਹੀਂ ਵੱਸਦਾ, ਜੋ ਇਹਨਾਂ ਨੂੰ ਬਚਾ ਲਏ? ਪਰਮਾਤਮਾ ਨੂੰ ਤਾਂ ਮੈਂ) ਹਰੇਕ ਦੇ ਅੰਦਰ ਵੱਸਦਾ ਵੇਖਿਆ ਹੈ, ਕੋਈ ਭੀ ਜੀਵ ਐਸਾ ਨਹੀਂ ਜਿਸ ਵਿਚ ਉਹ ਨਹੀਂ ਵੱਸਦਾ । ਪਰ ਸਿਰਫ਼ ਉਹਨਾਂ (ਸਤ ਸੰਗਣ) ਸਹੇਲੀਆਂ ਦੇ ਮੱਥੇ ਦੇ ਭਾਗ ਜਾਗਦੇ ਹਨ (ਤੇ ਉਹੀ ਮਾਇਆ ਦੇ ਪ੍ਰਭਾਵ ਤੋਂ ਬਚਦੀਆਂ ਹਨ) ਜਿਨ੍ਹਾਂ ਨੇ ਪਿਆਰੇ ਮਿਤ੍ਰ-ਪ੍ਰਭੂ ਦਾ ਮਿਲਾਪ ਪ੍ਰਾਪਤ ਕੀਤਾ ਹੈ ।੩।

ਪਉੜੀ ॥ ਹਉ ਢਾਢੀ ਦਰਿ ਗੁਣ ਗਾਵਦਾ ਜੇ ਹਰਿ ਪ੍ਰਭ ਭਾਵੈ ॥ ਪ੍ਰਭੁ ਮੇਰਾ ਥਿਰ ਥਾਵਰੀ ਹੋਰ ਆਵੈ ਜਾਵੈ ॥ ਸੋ ਮੰਗਾ ਦਾਨੁ ਗੋੁਸਾਈਆ ਜਿਤੁ ਭੁਖ ਲਹਿ ਜਾਵੈ ॥ ਪ੍ਰਭ ਜੀਉ ਦੇਵਹੁ ਦਰਸਨੁ ਆਪਣਾ ਜਿਤੁ ਢਾਢੀ ਤ੍ਰਿਪਤਾਵੈ ॥ ਅਰਦਾਸਿ ਸੁਣੀ ਦਾਤਾਰਿ ਪ੍ਰਭਿ ਢਾਢੀ ਕਉ ਮਹਲਿ ਬੁਲਾਵੈ ॥ ਪ੍ਰਭ ਦੇਖਦਿਆ ਦੁਖ ਭੁਖ ਗਈ ਢਾਢੀ ਕਉ ਮੰਗਣੁ ਚਿਤਿ ਨ ਆਵੈ ॥ ਸਭੇ ਇਛਾ ਪੂਰੀਆ ਲਗਿ ਪ੍ਰਭ ਕੈ ਪਾਵੈ ॥ ਹਉ ਨਿਰਗੁਣੁ ਢਾਢੀ ਬਖਸਿਓਨੁ ਪ੍ਰਭਿ ਪੁਰਖਿ ਵੇਦਾਵੈ ॥੯॥ {ਪੰਨਾ ੧੦੯੭}

ਪਦ ਅਰਥ :—ਹਉ—ਮੈਂ । ਦਰਿ—ਦਰ ਤੇ । ਪ੍ਰਭ ਭਾਵੈ—ਪ੍ਰਭੂ ਨੂੰ ਚੰਗਾ ਲੱਗੇ । ਥਾਵਰੀ—ਟਿਕਾਣੇ ਵਾਲਾ । ਜਿਤੁ—ਜਿਸ ਦੀ ਰਾਹੀਂ । ਤ੍ਰਿਪਤਾਵੈ—ਰੱਜ ਜਾਏ । ਦਾਤਾਰਿ—ਦਾਤਾਰ ਨੇ । ਪ੍ਰਭਿ—ਪ੍ਰਭੂ ਨੇ । ਮਹਲਿ—ਮਹਲ ਵਿਚ । ਪਾਵੈ—ਪੈਰੀਂ । ਨਿਰਗੁਣ—ਗੁਣ-ਹੀਨ । ਬਖਸਿਓਨੁ—ਉਸ ਨੇ ਬਖ਼ਸ਼ ਲਿਆ । ਪ੍ਰਭਿ ਪੁਰਖਿ—ਪ੍ਰਭੂ ਪੁਰਖ ਨੇ । ਵੇਦਾਵੈ—ਨਿਮਾਣੇ ਨੂੰ ।

ਅਰਥ :—ਜੇ ਹਰੀ ਪ੍ਰਭੂ ਨੂੰ ਚੰਗਾ ਲੱਗੇ (ਜੇ ਪ੍ਰਭੂ ਦੀ ਰਜ਼ਾ ਹੋਵੇ, ਮੇਹਰ ਹੋਵੇ) ਤਾਂ ਮੈਂ ਢਾਢੀ (ਉਸ ਦੇ) ਦਰ ਤੇ (ਉਸ ਦੇ) ਗੁਣ ਗਾਂਦਾ ਹਾਂ । ਮੇਰਾ ਪ੍ਰਭੂ ਸਦਾ-ਥਿਰ ਟਿਕਾਣੇ ਵਾਲਾ ਹੈ, ਹੋਰ (ਸ੍ਰਿਸ਼ਟੀ) ਜੰਮਦੀ ਮਰਦੀ ਹੈ । ਹੇ ਧਰਤੀ ਦੇ ਸਾਂਈ! ਮੈਂ (ਤੈਥੋਂ) ਉਹ ਦਾਨ ਮੰਗਦਾ ਹਾਂ ਜਿਸ ਨਾਲ ਮੇਰੀ (ਮਾਇਆ ਦੀ) ਭੁੱਖ ਦੂਰ ਹੋ ਜਾਏ । ਹੇ ਪ੍ਰਭੂ ਜੀ! ਮੈਨੂੰ ਆਪਣਾ ਦਰਸਨ ਦਿਉ ਜਿਸ ਨਾਲ ਮੈਂ ਢਾਢੀ (ਮਾਇਆ ਦੀ ਤ੍ਰਿਸ਼ਨਾ ਵਲੋਂ) ਰੱਜ ਜਾਵਾਂ ।

ਦਾਤਾਰ ਪ੍ਰਭੂ ਨੇ (ਮੇਰੀ) ਅਰਦਾਸ ਸੁਣ ਲਈ ਤੇ (ਮੈਨੂੰ) ਢਾਢੀ ਨੂੰ ਆਪਣੇ ਮਹਲ ਵਿਚ ਬੁਲਾ ਲਿਆ (ਬੁਲਾਉਂਦਾ ਹੈ); ਪ੍ਰਭੂ ਦਾ ਦੀਦਾਰ ਕਰਦਿਆਂ ਹੀ ਮੇਰੀ (ਮਾਇਆ ਵਾਲੀ) ਭੁੱਖ ਤੇ ਹੋਰ ਦੁੱਖ ਦੂਰ ਹੋ ਗਏ, ਮੈਨੂੰ ਢਾਢੀ ਨੂੰ ਇਹ ਚੇਤੇ ਹੀ ਨਾਹ ਰਿਹਾ ਕਿ ਮੈਂ ਕੁਝ ਮੰਗਾਂ, ਪ੍ਰਭੂ ਦੀ ਚਰਨੀਂ ਲੱਗ ਕੇ ਮੇਰੀਆਂ ਸਾਰੀਆਂ ਹੀ ਕਾਮਨਾਂ ਪੂਰੀਆਂ ਹੋ ਗਈਆਂ (ਮੇਰੀ ਕੋਈ ਵਾਸਨਾ ਰਹਿ ਹੀ ਨ ਗਈ) । ਉਸ ਪ੍ਰਭੂ-ਪੁਰਖ ਨੇ ਮੈਨੂੰ ਨਿਮਾਣੇ ਗੁਣ-ਹੀਨ ਢਾਢੀ ਨੂੰ ਬਖ਼ਸ਼ ਲਿਆ ।੯।

ਡਖਣੇ ਮਃ ੫ ॥ ਜਾ ਛੁਟੇ ਤਾ ਖਾਕੁ, ਤੂ ਸੁੰਞੀ ਕੰਤੁ ਨ ਜਾਣਹੀ ॥ ਦੁਰਜਨ ਸੇਤੀ ਨੇਹੁ, ਤੂ ਕੈ ਗੁਣਿ ਹਰਿ ਰੰਗੁ ਮਾਣਹੀ ॥੧॥ {ਪੰਨਾ ੧੦੯੭}

ਪਦ ਅਰਥ :—ਜਾ—ਜਦੋਂ । ਛੁਟੇ—(ਤੇਰਾ ਤੇ ਜਿੰਦ ਦਾ ਸੰਬੰਧ) ਮੁੱਕ ਜਾਇਗਾ । ਸੁੰਞੀ—ਜਿੰਦ ਤੋਂ ਸੱਖਣੀ । ਨ ਜਾਣਹੀ—ਨਹੀਂ ਜਾਣ ਸਕੇਂਗੀ । ਦੁਰਜਨ ਸੇਤੀ—ਭੈੜਿਆਂ ਨਾਲ, ਵਿਕਾਰਾਂ ਨਾਲ । ਕੈ ਗੁਣਿ—ਕਿਸ ਗੁਣ ਦੀ ਰਾਹੀਂ?

ਅਰਥ :—(ਹੇ ਮੇਰੀ ਕਾਇਆ!) ਜਦੋਂ (ਤੇਰਾ ਤੇ ਇਸ ਜਿੰਦ ਦਾ ਸੰਬੰਧ) ਮੁੱਕ ਜਾਇਗਾ, ਤਦੋਂ ਤੂੰ ਮਿੱਟੀ ਹੋ ਜਾਇ^ਗੀ, (ਉਸ ਵੇਲੇ) ਜਿੰਦ ਤੋਂ ਸੱਖਣੀ ਤੂੰ ਖਸਮ-ਪ੍ਰਭੂ ਨਾਲ ਸਾਂਝ ਨਹੀਂ ਪਾ ਸਕੇਂਗੀ । (ਹੁਣ) ਤੇਰਾ ਪਿਆਰ ਵਿਕਾਰਾਂ ਨਾਲ ਹੈ, (ਦੱਸ!) ਤੂੰ ਕਿਸ ਗੁਣ ਦੀ ਬਰਕਤਿ ਨਾਲ ਹਰੀ (ਦੇ ਮਿਲਾਪ) ਦਾ ਆਨੰਦ ਮਾਣ ਸਕਦੀ ਹੈਂ? ।੧।

ਮਃ ੫ ॥ ਨਾਨਕ ਜਿਸੁ ਬਿਨੁ ਘੜੀ ਨ ਜੀਵਣਾ, ਵਿਸਰੇ ਸਰੈ ਨ ਬਿੰਦ ॥ ਤਿਸੁ ਸਿਉ ਕਿਉ ਮਨ ਰੂਸੀਐ, ਜਿਸਹਿ ਹਮਾਰੀ ਚਿੰਦ ॥੨॥ {ਪੰਨਾ ੧੦੯੭}

ਪਦ ਅਰਥ :—ਨ ਜੀਵਣਾ—ਜੀਊ ਨਹੀਂ ਸਕੀਦਾ, ਸੁਖ ਦਾ ਸਾਹ ਨਹੀਂ ਆ ਸਕਦਾ । ਨ ਸਰੈ—ਨਹੀਂ ਨਿਭਦੀ, ਨਿਰਬਾਹ ਨਹੀਂ ਹੁੰਦਾ । ਮਨ—ਹੇ ਮਨ! ਚਿੰਦ—ਫ਼ਿਕਰ ।

ਅਰਥ :—ਹੇ ਨਾਨਕ! ਜਿਸ (ਪ੍ਰਭੂ ਦੀ ਯਾਦ) ਤੋਂ ਬਿਨਾ ਇਕ ਘੜੀ ਭੀ ਸੁਖ ਦਾ ਸਾਹ ਨਹੀਂ ਆਉਂਦਾ (ਦੁਨੀਆ ਦੇ ਚਿੰਤਾ-ਫ਼ਿਕਰ ਹੀ ਜਾਨ ਖਾ ਜਾਂਦੇ ਹਨ), ਜਿਸ ਨੂੰ ਵਿਸਾਰਿਆਂ ਇਕ ਪਲ ਭਰ ਭੀ ਜੀਵਨ-ਨਿਰਬਾਹ ਨਹੀਂ ਹੋ ਸਕਦਾ, (ਫਿਰ) ਹੇ ਮਨ! ਜਿਸ ਪ੍ਰਭੂ ਨੂੰ (ਹਰ ਵੇਲੇ) ਸਾਡਾ ਫ਼ਿਕਰ ਹੈ, ਉਸ ਨਾਲ ਰੁੱਸਣਾ ਠੀਕ ਨਹੀਂ ਹੈ ।੨।

ਮਃ ੫ ॥ ਰਤੇ ਰੰਗਿ ਪਾਰਬ੍ਰਹਮ ਕੈ, ਮਨੁ ਤਨੁ ਅਤਿ ਗੁਲਾਲੁ ॥ ਨਾਨਕ ਵਿਣੁ ਨਾਵੈ ਆਲੂਦਿਆ, ਜਿਤੀ ਹੋਰੁ ਖਿਆਲੁ ॥੩॥ {ਪੰਨਾ ੧੦੯੭}

ਪਦ ਅਰਥ :—ਕੈ ਰੰਗਿ—ਦੇ ਰੰਗ ਵਿਚ । ਪਾਰਬ੍ਰਹਮ—ਪਰਮ ਜੋਤਿ ਪ੍ਰਭੂ । ਅਤਿ ਗੁਲਾਲੁ—ਗੂੜ੍ਹਾ ਲਾਲ । ਆਲੂਦਿਆ—ਮਲੀਨ । ਜਿਤੀ—ਜਿਤਨਾ ਭੀ ।

ਅਰਥ :—ਹੇ ਨਾਨਕ! ਜੇਹੜੇ ਬੰਦੇ ਪਰਮ ਜੋਤਿ-ਪ੍ਰਭੂ ਦੇ ਪਿਆਰ ਵਿਚ ਰੰਗੇ ਜਾਂਦੇ ਹਨ, ਉਹਨਾਂ ਦਾ ਤਨ ਮਨ (ਪਿਆਰ ਵਿਚ) ਗੂੜ੍ਹਾ ਲਾਲ ਹੋ ਜਾਂਦਾ ਹੈ । (ਪ੍ਰਭੂ ਦੇ ਪਿਆਰ ਨੂੰ ਘਟਾਣ ਵਾਲਾ) ਜਿਤਨਾ ਭੀ ਹੋਰ ਹੋਰ ਧਿਆਨ ਹੈ, ਉਹ ਪ੍ਰਭੂ ਦੇ ਨਾਮ ਦੀ ਯਾਦ ਤੋਂ ਵਾਂਜਿਆਂ ਰੱਖਦਾ ਹੈ ਤੇ (ਮਨ ਨੂੰ) ਮੈਲਾ ਕਰਦਾ ਹੈ ।੩।

ਪਵੜੀ ॥ ਹਰਿ ਜੀਉ ਜਾ ਤੂ ਮੇਰਾ ਮਿਤ੍ਰੁ ਹੈ ਤਾ ਕਿਆ ਮੈ ਕਾੜਾ ॥ ਜਿਨੀ ਠਗੀ ਜਗੁ ਠਗਿਆ ਸੇ ਤੁਧੁ ਮਾਰਿ ਨਿਵਾੜਾ ॥ ਗੁਰਿ ਭਉਜਲੁ ਪਾਰਿ ਲੰਘਾਇਆ ਜਿਤਾ ਪਾਵਾੜਾ ॥ ਗੁਰਮਤੀ ਸਭਿ ਰਸ ਭੋਗਦਾ ਵਡਾ ਆਖਾੜਾ ॥ ਸਭਿ ਇੰਦ੍ਰੀਆ ਵਸਿ ਕਰਿ ਦਿਤੀਓ ਸਤਵੰਤਾ ਸਾੜਾ ॥ ਜਿਤੁ ਲਾਈਅਨਿ ਤਿਤੈ ਲਗਦੀਆ ਨਹ ਖਿੰਜੋਤਾੜਾ ॥ ਜੋ ਇਛੀ ਸੋ ਫਲੁ ਪਾਇਦਾ ਗੁਰਿ ਅੰਦਰਿ ਵਾੜਾ ॥ ਗੁਰੁ ਨਾਨਕੁ ਤੁਠਾ ਭਾਇਰਹੁ ਹਰਿ ਵਸਦਾ ਨੇੜਾ ॥੧੦॥ {ਪੰਨਾ ੧੦੯੭-੧੦੯੮}

ਪਦ ਅਰਥ :—ਕਾੜਾ—ਧੋਖਾ, ਫ਼ਿਕਰ । ਜਿਨੀ ਠਗੀ—ਜਿਨ੍ਹਾਂ (ਕਾਮਾਦਿਕ) ਠੱਗਾਂ ਨੇ । ਨਿਵਾੜਾ—ਨਿਵਾਰੇ, ਭਜਾ ਦਿੱਤੇ । ਗੁਰਿ—ਗੁਰੂ ਦੀ ਰਾਹੀਂ । ਭਉਜਲੁ—ਸੰਸਾਰ-ਸਮੁੰਦਰ । ਜਿਤਾ—ਜਿੱਤ ਲਿਆ । ਪਾਵਾੜਾ—ਧੰਧੇ, ਜੰਜਾਲ । ਸਭਿ—ਸਾਰੇ । ਸਤਵੰਤਾ—ਉੱਚੇ ਆਚਰਨ ਵਾਲਾ । ਸਾੜਾ—ਸਾਡਾ । ਜਿਤੁ—ਜਿਸ ਪਾਸੇ । ਲਾਈਅਨਿ—ਲਾਈ ਦੀਆਂ ਹਨ । ਖਿੰਜੋਤਾੜਾ—ਖਿੱਚੋਤਾਣ । ਇਛੀ—ਮੈਂ ਇੱਛਾ ਕਰਦਾ ਹਾਂ । ਗੁਰਿ—ਗੁਰੂ ਨੇ । ਅੰਦਰਿ ਵਾੜਾ—ਅੰਦਰਲੇ ਪਾਸੇ (ਮਨ ਨੂੰ) ਪਰਤਾ ਦਿੱਤਾ । ਭਾਇਰਹੁ—ਹੇ ਭਰਾਵੋ!

ਅਰਥ :—ਹੇ ਹਰੀ ਜੀ! ਜਦੋਂ ਤੂੰ ਮੇਰਾ ਮਿਤ੍ਰ ਹੈਂ, ਤਾਂ ਮੈਨੂੰ ਕੋਈ ਚਿੰਤਾ-ਫ਼ਿਕਰ ਨਹੀਂ ਰਹਿ ਸਕਦਾ, (ਕਿਉਂਕਿ) ਜਿਨ੍ਹਾਂ (ਕਾਮਾਦਿਕ) ਠੱਗਾਂ ਨੇ ਜਗਤ ਨੂੰ ਠੱਗ ਲਿਆ ਹੈ ਉਹ ਤੂੰ (ਮੇਰੇ ਅੰਦਰੋਂ) ਮਾਰ ਕੇ ਭਜਾ ਦਿੱਤੇ ਹਨ, ਗੁਰੂ ਦੀ ਰਾਹੀਂ ਤੂੰ ਮੈਨੂੰ ਸੰਸਾਰ-ਸਮੁੰਦਰ ਤੋਂ ਪਾਰ ਲੰਘਾ ਦਿੱਤਾ ਹੈ, ਮੈਂ ਮਾਇਆ ਦੇ ਜੰਜਾਲ ਜਿੱਤ ਲਏ ਹਨ । ਹੁਣ ਮੈਂ ਗੁਰੂ ਦੇ ਉਪਦੇਸ਼ ਤੇ ਤੁਰ ਕੇ ਸਾਰੇ ਰੰਗ ਮਾਣਦਾ ਹਾਂ, ਮੈਂ ਇਸ ਵੱਡੇ ਜਗਤ-ਅਖਾੜੇ (ਨੂੰ ਜਿੱਤ ਲਿਆ ਹੈ) ।

ਤੂੰ ਮੇਰਾ ਸਤਵੰਤਾ ਸਾਈਂ (ਮੇਰੇ ਸਿਰ ਉਤੇ) ਹੈਂ, ਤੂੰ ਮੇਰੀਆਂ ਸਾਰੀਆਂ ਇੰਦ੍ਰੀਆਂ ਮੇਰੇ ਕਾਬੂ ਵਿਚ ਕਰ ਦਿੱਤੀਆਂ ਹਨ, ਹੁਣ ਇਹਨਾਂ ਨੂੰ ਜਿਸ ਪਾਸੇ ਲਾਈਦਾ ਹੈ ਉਧਰ ਹੀ ਲੱਗਦੀਆਂ ਹਨ, ਕੋਈ ਖਿੱਚੋਤਾਣ ਨਹੀਂ (ਕਰਦੀਆਂ) । ਗੁਰੂ ਨੇ (ਮੇਰੇ ਮਨ ਨੂੰ) ਅੰਦਰ ਵਲ ਪਰਤਾ ਦਿੱਤਾ ਹੈ, ਹੁਣ ਮੈਂ ਜੋ ਕੁਝ ਇੱਛਾ ਕਰਦਾ ਹਾਂ ਉਹੀ ਫਲ ਪ੍ਰਾਪਤ ਕਰ ਲੈਂਦਾ ਹਾਂ ।

ਹੇ ਭਰਾਵੋ! ਮੇਰੇ ਉਤੇ ਗੁਰੂ ਨਾਨਕ ਪਰਸੰਨ ਹੋ ਪਿਆ ਹੈ, (ਉਸ ਦੀ ਮੇਹਰ ਨਾਲ) ਮੈਨੂੰ ਪ੍ਰਭੂ (ਆਪਣੇ) ਨੇੜੇ ਵੱਸਦਾ ਦਿੱਸਦਾ ਹੈ ।੧੦।

ਡਖਣੇ ਮਃ ੫ ॥ ਜਾ ਮੂੰ ਆਵਹਿ ਚਿਤਿ ਤੂ, ਤਾ ਹਭੇ ਸੁਖ ਲਹਾਉ ॥ ਨਾਨਕ ਮਨ ਹੀ ਮੰਝਿ ਰੰਗਾਵਲਾ, ਪਿਰੀ ਤਹਿਜਾ ਨਾਉ ॥੧॥ {ਪੰਨਾ ੧੦੯੮}

ਪਦ ਅਰਥ :—ਮੂੰ—ਮੈਨੂੰ । ਚਿਤਿ—ਚਿੱਤ ਵਿਚ । ਮੂੰ ਚਿਤਿ—ਮੇਰੇ ਚਿੱਤ ਵਿਚ । ਲਹਾਉ—ਮੈਂ ਲੈ ਲੈਂਦਾ ਹਾਂ, ਪ੍ਰਾਪਤ ਕਰ ਲੈਂਦਾ ਹਾਂ । ਨਾਨਕ—ਹੇ ਨਾਨਕ! (ਆਖ—) । ਰੰਗਾਵਲਾ—ਰੰਗ ਪੈਦਾ ਕਰਨ ਵਾਲਾ, ਸੁਹਾਵਣਾ, ਪਿਆਰਾ । ਪਿਰੀ—ਹੇ ਪਿਰ! ਤਹਿਜਾ—ਤੇਰਾ ।

ਅਰਥ :—ਹੇ ਨਾਨਕ! (ਆਖ—) ਹੇ ਪਤੀ-ਪ੍ਰਭੂ! ਜਦੋਂ ਤੂੰ ਮੇਰੇ ਹਿਰਦੇ ਵਿਚ ਵੱਸਦਾ ਹੈਂ, ਤਾਂ ਮੈਨੂੰ ਸਾਰੇ ਸੁਖ ਮਿਲ ਜਾਂਦੇ ਹਨ, ਤੇਰਾ ਨਾਮ ਮੈਨੂੰ ਆਪਣੇ ਮਨ ਵਿਚ ਮਿੱਠਾ ਪਿਆਰਾ ਲੱਗਦਾ ਹੈ (ਤੇ ਸੁਖ ਦੇਂਦਾ ਹੈ) ।੧।

ਮਃ ੫ ॥ ਕਪੜ ਭੋਗ ਵਿਕਾਰ, ਏ ਹਭੇ ਹੀ ਛਾਰ ॥ ਖਾਕੁ ਲੋੁੜੇਦਾ ਤੰਨਿ ਖੇ, ਜੋ ਰਤੇ ਦੀਦਾਰ ॥੨॥ {ਪੰਨਾ ੧੦੯੮}

ਪਦ ਅਰਥ :—ਕਪੜ ਭੋਗ—(ਨਿਰੇ) ਭੋਗ ਕੱਪੜ, ਨਿਰੇ ਖਾਣ-ਹੰਢਾਣ । ਛਾਰ—ਸੁਆਹ । ਲੋੁੜੇਦਾ—ਮੈਂ ਲੋੜਦਾ ਹਾਂ, ਮੈਂ ਚਾਹੁੰਦਾ ਹਾਂ {ਨੋਟ :—ਅੱਖਰ 'ਲ' ਦੇ ਨਾਲ ਦੋ ਲਗਾਂ ਹਨ, ੋ ਅਤੇ ੁ । ਅਸਲ ਲਫ਼ਜ਼ 'ਲੋੜੇਦਾ' ਹੈ, ਇਥੇ 'ਲੁੜੇਦਾ' ਪੜ੍ਹਨਾ ਹੈ} । ਤੰਨਿ ਖੇ—ਤਿਨ੍ਹਾਂ ਦੀ । ਖਾਕੁ—ਚਰਨ-ਧੂੜ ।

ਅਰਥ :—(ਪ੍ਰਭੂ ਦੀ ਯਾਦ ਤੋਂ ਵਿਰਵੇ ਰਹਿ ਕੇ ਨਿਰੇ) ਖਾਣ-ਹੰਢਾਣ (ਦੇ ਪਦਾਰਥ) ਵਿਕਾਰ (ਪੈਦਾ ਕਰਦੇ ਹਨ । ਇਸ ਵਾਸਤੇ ਅਸਲ ਵਿਚ) ਇਹ ਸਾਰੇ

ਸੁਆਹ ਸਮਾਨ ਹਨ (ਉੱਕੇ ਹੀ ਨਿਕੰਮੇ ਹਨ) । (ਤਾਹੀਏਂ) ਮੈਂ ਉਹਨਾਂ ਬੰਦਿਆਂ ਦੇ ਚਰਨਾਂ ਦੀ ਧੂੜ ਭਾਲਦਾ ਹਾਂ, ਜੋ ਪ੍ਰਭੂ ਦੇ ਦੀਦਾਰ ਵਿਚ ਰੰਗੇ ਹੋਏ ਹਨ ।੨।

ਮਃ ੫ ॥ ਕਿਆ ਤਕਹਿ ਬਿਆ ਪਾਸ, ਕਰਿ ਹੀਅੜੇ ਹਿਕੁ ਅਧਾਰੁ ॥ ਥੀਉ ਸੰਤਨ ਕੀ ਰੇਣੁ, ਜਿਤੁ ਲਭੀ ਸੁਖ ਦਾਤਾਰੁ ॥੩॥ {ਪੰਨਾ ੧੦੯੮}

ਪਦ ਅਰਥ :—ਬਿਆ—ਦੂਜੇ । ਪਾਸ—ਪਾਸੇ, ਆਸਰੇ । ਹੀਅੜੇ—ਹੇ ਮੇਰੇ ਹਿਰਦੇ ! ਹੇ ਮੇਰੀ ਜਿੰਦੇ ! ਹਿਕੁ—ਇਕ । ਅਧਾਰੁ—ਆਸਰਾ । ਥੀਉ—ਹੋ ਜਾ । ਰੇਣੁ—ਚਰਨ-ਧੂੜ । ਜਿਤੁ—ਜਿਸ ਦੀ ਰਾਹੀਂ ।

ਅਰਥ :—ਹੇ ਮੇਰੀ ਜਿੰਦੇ ! (ਪ੍ਰਭੂ ਨੂੰ ਛੱਡ ਕੇ ਸੁਖਾਂ ਦੀ ਖ਼ਾਤਰ) ਹੋਰ ਹੋਰ ਆਸਰੇ ਕਿਉਂ ਤੱਕਦੀ ਹੈਂ ? ਕੇਵਲ ਇਕ ਪ੍ਰਭੂ ਨੂੰ ਆਪਣਾ ਆਸਰਾ ਬਣਾ । (ਤੇ, ਉਸ ਪ੍ਰਭੂ ਦੀ ਪ੍ਰਾਪਤੀ ਵਾਸਤੇ ਉਸ ਦੇ) ਸੰਤ ਜਨਾਂ ਦੇ ਚਰਨਾਂ ਦੀ ਧੂੜ ਬਣ, ਜਿਸ ਦੀ ਬਰਕਤਿ ਨਾਲ ਸੁਖਾਂ ਦਾ ਦੇਣ ਵਾਲਾ ਪ੍ਰਭੂ ਮਿਲ ਪਏ ।੨੩।

ਪਉੜੀ ॥ ਵਿਣੁ ਕਰਮਾ ਹਰਿ ਜੀਉ ਨ ਪਾਈਐ ਬਿਨੁ ਸਤਿਗੁਰ ਮਨੂਆ ਨ ਲਗੈ ॥ ਧਰਮੁ ਧੀਰਾ ਕਲਿ ਅੰਦਰੇ ਇਹੁ ਪਾਪੀ ਮੂਲਿ ਨ ਤਗੈ ॥ ਅਹਿ ਕਰੁ ਕਰੇ ਸੁ ਅਹਿ ਕਰੁ ਪਾਏ ਇਕ ਘੜੀ ਮੁਹਤੁ ਨ ਲਗੈ ॥ ਚਾਰੇ ਜੁਗ ਮੈ ਸੋਧਿਆ ਵਿਣੁ ਸੰਗਤਿ ਅਹੰਕਾਰੁ ਨ ਭਗੈ ॥ ਹਉਮੈ ਮੂਲਿ ਨ ਛੁਟਈ ਵਿਣੁ ਸਾਧੂ ਸਤਸੰਗੈ ॥ ਤਿਚਰੁ ਥਾਹ ਨ ਪਾਵਈ ਜਿਚਰੁ ਸਾਹਿਬ ਸਿਉ ਮਨ ਭੰਗੈ ॥ ਜਿਨਿ ਜਨਿ ਗੁਰਮੁਖਿ ਸੇਵਿਆ ਤਿਸੁ ਘਰਿ ਦੀਬਾਣੁ ਅਭਗੈ ॥ ਹਰਿ ਕਿਰਪਾ ਤੇ ਸੁਖੁ ਪਾਇਆ ਗੁਰ ਸਤਿਗੁਰ ਚਰਣੀ ਲਗੈ ॥੧੧॥ {ਪੰਨਾ ੧੦੯੮}

ਪਦ ਅਰਥ :—ਕਰਮਾ—ਬਖ਼ਸ਼ਸ਼, ਕਰਮ । ਮਨੂਆ—ਮਾਇਆ ਵਿਚ ਫਸਿਆ ਮਨ । ਧੀਰਾ—ਟਿਕੇ ਰਹਿਣ ਵਾਲਾ । ਕਲਿ—(ਭਾਵ,) ਸੰਸਾਰ । ਨ ਤਗੈ—(ਟਿਕਾਉ ਵਿਚ) ਨਹੀਂ ਨਿਭ ਸਕਦਾ । ਅਹਿ—ਇਹ । ਕਰੁ—ਹੱਥ । ਥਾਹ—ਡੂੰਘਾਈ । ਭੰਗੈ—ਤੋਟ, ਵਿੱਥ । ਜਿਨਿ ਜਨਿ—ਜਿਸ ਜਨ ਨੇ । ਘਰਿ—ਹਿਰਦੇ ਵਿਚ । ਅਭਗੈ—ਨਾਹ ਨਾਸ ਹੋਣ ਵਾਲਾ ।

ਅਰਥ :—ਪ੍ਰਭੂ ਦੀ ਮੇਹਰ ਤੋਂ ਬਿਨਾ ਪ੍ਰਭੂ ਨਾਲ ਮਿਲਾਪ ਨਹੀਂ ਹੁੰਦਾ (ਪ੍ਰਭੂ ਦੀ ਮੇਹਰ ਨਾਲ ਹੀ ਗੁਰੂ ਮਿਲਦਾ ਹੈ, ਤੇ) ਗੁਰੂ ਤੋਂ ਬਿਨਾ ਮਨੁੱਖ ਦਾ ਮਾਇਆ-ਵੇੜ੍ਹਿਆ ਮਨ (ਪ੍ਰਭੂ-ਚਰਨਾਂ ਵਿਚ) ਜੁੜਦਾ ਹੀ ਨਹੀਂ । ਸੰਸਾਰ ਵਿਚ ਧਰਮ ਹੀ ਸਦਾ ਇਕ-ਰਸ ਰਹਿੰਦਾ ਹੈ, ਪਰ ਇਹ ਮਨ (ਜਦੋਂ ਤਕ) ਪਾਪਾਂ ਵਿਚ ਪਰਵਿਰਤ (ਹੈ) ਬਿਲਕੁਲ ਅਡੋਲਤਾ ਵਿਚ ਟਿਕਿਆ ਨਹੀਂ ਰਹਿ ਸਕਦਾ, (ਕਿਉਂਕਿ ਕੀਤੇ ਵਿਕਾਰਾਂ ਦਾ ਮਾਨਸਕ ਸਿੱਟਾ ਨਿਕਲਦਿਆਂ) ਰਤਾ ਭੀ ਸਮਾ ਨਹੀਂ ਲੱਗਦਾ, ਜੋ ਕੁਝ ਇਹ ਹੱਥ ਕਰਦਾ ਹੈ ਉਸ ਦਾ ਫਲ ਇਹੀ ਹੱਥ ਪਾ ਲੈਂਦਾ ਹੈ ।

(ਜਦੋਂ ਤੋਂ ਦੁਨੀਆ ਬਣੀ ਹੈ) ਚੌਹਾਂ ਹੀ ਜੁਗਾਂ ਦੇ ਸਮੇ ਨੂੰ ਵਿਚਾਰ ਕੇ ਮੈਂ ਵੇਖ ਲਿਆ ਹੈ ਕਿ ਮਨ ਦਾ ਅਹੰਕਾਰ ਸੰਗਤਿ ਤੋਂ ਬਿਨਾ ਦੂਰ ਨਹੀਂ ਹੁੰਦਾ, ਗੁਰਮੁਖਾਂ ਦੀ ਸੰਗਤਿ ਤੋਂ ਬਿਨਾ ਹਉਮੈ ਬਿਲਕੁਲ ਨਹੀਂ ਮੁੱਕ ਸਕਦੀ । (ਜਦ ਤਕ ਮਨ ਵਿਚ ਹਉਮੈ ਹੈ, ਤਦ ਤਕ ਮਾਲਕ-ਪ੍ਰਭੂ ਨਾਲੋਂ ਵਿੱਥ ਹੈ) ਜਦ ਤਕ ਮਾਲਕ ਨਾਲੋਂ ਵਿੱਥ ਹੈ ਤਦ ਤਕ ਮਨੁੱਖ ਉਸ ਦੇ ਗੁਣਾਂ ਦੀ ਡੂੰਘਾਈ ਵਿਚ ਟਿਕ ਨਹੀਂ ਸਕਦਾ ।

ਜਿਸ ਮਨੁੱਖ ਨੇ ਗੁਰੂ ਦੀ ਸਰਨ ਪੈ ਕੈ ਪ੍ਰਭੂ ਦਾ ਸਿਮਰਨ ਕੀਤਾ ਹੈ ਉਸ ਦੇ ਹਿਰਦੇ ਵਿਚ ਹੀ ਅਬਿਨਾਸ਼ੀ ਪ੍ਰਭੂ ਦਾ ਦਰਬਾਰ ਲੱਗ ਜਾਂਦਾ ਹੈ । ਪ੍ਰਭੂ ਦੀ ਮੇਹਰ ਨਾਲ ਹੀ ਮਨੁੱਖ ਗੁਰੂ ਦੇ ਚਰਨਾਂ ਵਿਚ ਜੁੜਦਾ ਹੈ, ਤੇ ਮੇਹਰ ਨਾਲ ਹੀ ਆਤਮਕ ਸੁਖ ਪ੍ਰਾਪਤ ਕਰਦਾ ਹੈ ।੧੧।

ਡਖਣੇ ਮਃ ੫ ॥ ਲੋੜੀਦੋ ਹਭ ਜਾਇ, ਸੋ ਮੀਰਾ ਮੀਰੰਨ ਸਿਰਿ ॥ ਹਠ ਮੰਝਾਹੂ ਸੋ ਧਣੀ, ਚਉਦੋ ਮੁਖਿ ਅਲਾਇ ॥੧॥ {ਪੰਨਾ ੧੦੯੮}

ਪਦ ਅਰਥ :—ਲੋੜੀਦੋ—ਮੈਂ ਭਾਲ ਕਰਦਾ ਸਾਂ । ਹਭ ਜਾਇ—ਹਰ ਥਾਂ । ਸਿਰਿ—ਸਿਰ ਉਤੇ । ਮੀਰੰਨ ਸਿਰਿ ਮੀਰਾ—ਸ਼ਾਹਾਂ ਦੇ ਸਿਰ ਉਤੇ ਸ਼ਾਹ । ਹਠ—ਹਿਰਦਾ । ਮੰਝਾਹੂ—ਵਿਚ, ਅੰਦਰ । ਧਣੀ—ਮਾਲਕ । ਚਉਦੋ—ਮੈਂ ਉਚਾਰਦਾ ਹਾਂ । ਮੁਖਿ—ਮੂੰਹ ਨਾਲ । ਅਲਾਹਿ—ਬੋਲ ਕੇ, ਉਚਾਰ ਕੇ ।

ਅਰਥ :—ਉਹ ਮਾਲਕ-ਪ੍ਰਭੂ ਸ਼ਾਹਾਂ ਦੇ ਸਿਰ ਉਤੇ ਪਾਤਿਸ਼ਾਹ ਹੈ, ਮੈਂ ਉਸ ਨੂੰ (ਬਾਹਰ) ਹਰ ਥਾਂ ਭਾਲਦਾ ਫਿਰਦਾ ਸਾਂ; ਪਰ ਹੁਣ ਜਦੋਂ ਮੈਂ ਮੂੰਹ ਨਾਲ ਉਸ ਦੇ ਗੁਣ ਉਚਾਰਦਾ ਹਾਂ, ਉਹ ਮੈਨੂੰ ਮੇਰੇ ਹਿਰਦੇ ਵਿਚ ਹੀ ਦਿੱਸ ਰਿਹਾ ਹੈ ।੧।

ਮਃ ੫ ॥ ਮਾਣਿਕੂ ਮੋਹਿ ਮਾਉ, ਡਿੰਨਾ ਧਣੀ ਅਪਾਹਿ ॥ ਹਿਆਉ ਮਹਿਜਾ ਠੰਢੜਾ, ਮੁਖਹੁ ਸਚੁ ਅਲਾਇ ॥੨॥ {ਪੰਨਾ ੧੦੯੮}

ਪਦ ਅਰਥ :—ਮਾਉ—ਹੇ ਮਾਂ ! ਮੋਹਿ—ਮੈਨੂੰ । ਮਾਣਿਕੁ—ਮੋਤੀ । ਡਿੰਨਾ—ਦਿੱਤਾ । ਆਪਹਿ—ਆਪ ਹੀ । ਧਣੀ—ਮਾਲਕ । ਹਿਆਉ—ਹਿਰਦਾ । ਮੁਖਹੁ—ਮੂੰਹੋਂ । ਅਲਾਇ—ਬੋਲ ਕੇ ।

ਅਰਥ :—ਹੇ ਮਾਂ ! ਮਾਲਕ-ਪ੍ਰਭੂ ਨੇ ਆਪ ਹੀ ਮੈਨੂੰ ਆਪਣਾ ਨਾਮ-ਮੋਤੀ ਦਿੱਤਾ । (ਹੁਣ) ਮੂੰਹੋਂ ਉਸ ਸਦਾ-ਥਿਰ ਪ੍ਰਭੂ ਦਾ ਨਾਮ ਉਚਾਰ ਉਚਾਰ ਕੇ ਮੇਰਾ ਹਿਰਦਾ ਠੰਢਾ-ਠਾਰ ਹੋ ਗਿਆ ਹੈ ।੨।

ਮਃ ੫ ॥ ਮੂ ਥੀਆਊ ਸੇਜ, ਨੈਣਾ ਪਿਰੀ ਵਿਛਾਵਣਾ ॥ ਜੇ ਡੇਖੈ ਹਿਕ ਵਾਰ, ਤਾ ਸੁਖ ਕੀਮਾਹੂ ਬਾਹਰੇ ॥੩॥ {ਪੰਨਾ ੧੦੯੮}

ਪਦ ਅਰਥ :—ਮੂ—ਮੈਂ, ਮੇਰਾ ਹਿਰਦਾ । ਥੀਆਊ—ਮੈਂ ਬਣ ਗਿਆ ਹਾਂ । ਪਿਰੀ—ਪ੍ਰਭੂ-ਪਤੀ ਵਾਸਤੇ । ਡੇਖੈ—ਵੇਖੇ । ਕੀਮਾਹੂ—ਕੀਮਤ ਤੋਂ । ਕੀਮਾਹੂ ਬਾਹਰੇ—ਕੀਮਤ ਤੋਂ ਪਰੇ, ਅਮੋਲਕ, ਜਿਸ ਦਾ ਮੁੱਲ ਨ ਪੈ ਸਕੇ ।

ਅਰਥ :—ਮੈਂ ਆਪਣੇ ਹਿਰਦੇ ਨੂੰ ਪ੍ਰਭੂ-ਪਤੀ (ਦੇ ਬਿਰਾਜਣ) ਵਾਸਤੇ ਸੇਜ ਬਣਾ ਦਿੱਤਾ ਹੈ, ਆਪਣੀਆਂ ਅੱਖਾਂ ਨੂੰ (ਉਸ ਸੇਜ ਦਾ) ਵਿਛਾਉਣਾ ਬਣਾਇਆ ਹੈ । ਜਦੋਂ ਉਹ ਇਕ ਵਾਰੀ ਭੀ (ਮੇਰੇ ਵਲ) ਤੱਕਦਾ ਹੈ, ਮੈਨੂੰ ਅਜੇਹੇ ਸੁਖ ਅਨੁਭਵ ਹੁੰਦੇ ਹਨ ਜਿਨ੍ਹਾਂ ਦਾ ਮੁੱਲ ਨਹੀਂ ਪੈ ਸਕਦਾ (ਜੇਹੜੇ ਕਿਸੇ ਭੀ ਕੀਮਤ ਤੋਂ ਮਿਲ ਨਹੀਂ ਸਕਦੇ) ।੩।

ਪਉੜੀ ॥ ਮਨੁ ਲੋਚੈ ਹਰਿ ਮਿਲਣ ਕਉ ਕਿਉ ਦਰਸਨੁ ਪਾਈਆ ॥ ਮੈ ਲਖ ਵਿੜਤੇ ਸਾਹਿਬਾ ਜੇ ਬਿੰਦ ਬੁੋਲਾਈਆ ॥ ਮੈ ਚਾਰੇ ਕੁੰਡਾ ਭਾਲੀਆ ਤੁਧੁ ਜੇਵਡੁ ਨ ਸਾਈਆ ॥ ਮੈ ਦਸਿਹੁ ਮਾਰਗੁ ਸੰਤਹੋ ਕਿਉ ਪ੍ਰਭੂ ਮਿਲਾਈਆ ॥ ਮਨੁ ਅਰਪਿਹੁ ਹਉਮੈ ਤਜਹੁ ਇਤੁ ਪੰਥਿ ਜੁਲਾਈਆ ॥ ਨਿਤ ਸੇਵਿਹੁ ਸਾਹਿਬੁ ਆਪਣਾ ਸਤ ਸੰਗਿ ਮਿਲਾਈਆ ॥ ਸਭੇ ਆਸਾ ਪੂਰੀਆ ਗੁਰ ਮਹਲਿ ਬੁਲਾਈਆ ॥ ਤੁਧੁ ਜੇਵਡੁ ਹੋਰੁ ਨ ਸੁਝਈ ਮੇਰੇ ਮਿਤ੍ਰ ਗੁੋਸਾਈਆ ॥੧੨॥ {ਪੰਨਾ ੧੦੯੮}

ਪਦ ਅਰਥ :—ਪਾਈਆ—ਪਾਈਂ, ਪਾਵਾਂ । ਵਿੜਤੇ—ਵੱਟ ਲਏ, ਖੱਟ ਲਏ । ਸਾਹਿਬਾ—ਹੇ ਸਾਹਿਬ! ਬੁੋਲਾਈਆ—ਬੁਲਾਏਂ {ਅੱਖਰ 'ਬ' ਦੇ ਨਾਲ ਦੋ ਲਗਾਂ ਹਨ । ਲਫ਼ਜ਼ ਦੀ ਅਸਲ ਲਗ ੋ ਹੈ, ਇਥੇ ਪਾਠ ਕਰਨ ਲੱਗਿਆਂ ੁ ਪੜ੍ਹਨਾ ਹੈ} । ਬਿੰਦ—ਰਤਾ ਭਰ । ਸਾਈਆ—ਹੇ ਸਾਈਂ! ਸੰਤਹੋ—ਹੇ ਸੰਤ ਜਨੋ! ਕਿਉ—ਕਿਵੇਂ । ਇਤੁ ਪੰਥਿ—ਇਸ ਰਸਤੇ ਵਿਚ । ਜੁਲਾਈਆ—ਮੈਂ ਤੁਰਾਂ ।

ਅਰਥ :—ਪ੍ਰਭੂ ਨੂੰ ਮਿਲਣ ਲਈ ਮੇਰਾ ਮਨ ਬੜਾ ਤਰਸਦਾ ਹੈ (ਪਰ ਸਮਝ ਨਹੀਂ ਆਉਂਦੀ ਕਿ) ਕਿਵੇਂ ਦਰਸਨ ਕਰਾਂ । ਹੇ (ਮੇਰੇ) ਮਾਲਕ! ਜੇ ਤੂੰ ਮੈਨੂੰ ਰਤਾ ਭਰ ਭੀ ਵਾਜ ਮਾਰੇਂ ਤਾਂ (ਮੈਂ ਸਮਝਦਾ ਹਾਂ ਕਿ) ਮੈਂ ਲੱਖਾਂ ਰੁਪਏ ਖੱਟ ਲਏ ਹਨ । ਹੇ ਮੇਰੇ ਸਾਈਂ! ਮੈਂ ਚੁਫੇਰੇ ਸਾਰੀ ਸ੍ਰਿਸ਼ਟੀ ਖੋਜ ਕੇ ਵੇਖ ਲਿਆ ਹੈ ਕਿ ਤੇਰੇ ਜੇਡਾ ਹੋਰ ਕੋਈ ਨਹੀਂ ਹੈ ।

ਹੇ ਸੰਤ ਜਨੋ! (ਤੁਸੀ ਹੀ) ਮੈਨੂੰ ਰਾਹ ਦੱਸੋ ਕਿ ਮੈਂ ਪ੍ਰਭੂ ਨੂੰ ਕਿਵੇਂ ਮਿਲਾਂ । (ਸੰਤ ਜਨ ਰਾਹ ਦੱਸਦੇ ਹਨ ਕਿ) ਮਨ (ਪ੍ਰਭੂ ਦੇ) ਭੇਟਾ ਕਰੋ ਹਉਮੈ ਦੂਰ ਕਰੋ (ਤੇ ਆਖਦੇ ਹਨ ਕਿ) ਮੈਂ ਇਸ ਰਸਤੇ ਉਤੇ ਤੁਰਾਂ । (ਸੰਤ ਉਪਦੇਸ਼ ਦੇਂਦੇ ਹਨ ਕਿ) ਸਦਾ ਆਪਣੇ ਮਾਲਕ-ਪ੍ਰਭੂ ਨੂੰ ਯਾਦ ਕਰੋ (ਤੇ ਕਹਿੰਦੇ ਹਨ ਕਿ) ਮੈਂ ਸਤਸੰਗ ਵਿਚ ਮਿਲਾਂ । ਜਦੋਂ ਪ੍ਰਭੂ ਦੀ ਹਜ਼ੂਰੀ ਵਿਚ ਗੁਰੂ ਨੇ ਸੱਦ ਲਿਆ, ਤਾਂ ਸਾਰੀਆਂ ਆਸਾਂ ਪੂਰੀਆਂ ਹੋ ਜਾਣਗੀਆਂ ।

ਹੇ ਮੇਰੇ ਮਿਤ੍ਰ! ਹੇ ਧਰਤੀ ਦੇ ਮਾਲਕ! ਮੈਨੂੰ ਤੇਰੇ ਜੇਡਾ ਹੋਰ ਕੋਈ ਲੱਭਦਾ ਨਹੀਂ (ਤੂੰ ਮੇਹਰ ਕਰ, ਤੇ ਦੀਦਾਰ ਦੇਹ) ।੧੨।

ਡਖਣੇ ਮਃ ੫ ॥ ਮੂ ਥੀਆਊ ਤਖਤੁ, ਪਿਰੀ ਮਹਿੰਜੇ ਪਾਤਿਸਾਹ ॥ ਪਾਵ ਮਿਲਾਵੇ ਕੋਲਿ, ਕਵਲ ਜਿਵੈ ਬਿਗਸਾਵਦੋ ॥੧॥ {ਪੰਨਾ ੧੦੯੮}

ਪਦ ਅਰਥ :—ਮੂ—ਮੈਂ, ਮੇਰਾ ਹਿਰਦਾ, ਮੇਰਾ ਆਪਣਾ ਆਪ । ਮਹਿੰਜੇ—ਮੇਰੇ । ਪਿਰੀ ਪਾਤਿਸਾਹ—ਹੇ ਮੇਰੇ ਪਤੀ! ਹੇ ਪਾਤਿਸ਼ਾਹ! ਪਾਵ—ਚਰਨ । ਕੋਲਿ—ਨੇੜੇ । ਮਿਲਾਵੇ—ਛੁਹਾਵੇਂ । ਕਵਲ ਜਿਵੈ—ਕੌਲ ਫੁੱਲ ਵਾਂਗ । ਬਿਗਸਾਵਦੋ—ਮੈਂ ਖਿੜ ਪੈਂਦਾ ਹਾਂ ।

ਅਰਥ :—ਹੇ ਮੇਰੇ ਪਤੀ ਪਾਤਿਸ਼ਾਹ! ਮੈਂ (ਤੇਰੇ ਬੈਠਣ ਲਈ) ਆਪਣੇ ਹਿਰਦੇ ਨੂੰ ਤਖ਼ਤ ਬਣਾਇਆ ਹੈ । ਜਦੋਂ ਤੂੰ ਆਪਣੇ ਚਰਨ ਮੇਰੇ ਹਿਰਦੇ-ਤਖ਼ਤ ਨਾਲ ਛੁਹਾਂਦਾ ਹੈਂ, ਮੈਂ ਕੌਲ ਫੁੱਲ ਵਾਂਗ ਖਿੜ ਪੈਂਦਾ ਹਾਂ ।

ਮਃ ੫ ॥ ਪਿਰੀਆ ਸੰਦੜੀ ਭੁਖ, ਮੂ ਲਾਵਣ ਥੀ ਵਿਥਰਾ ॥ ਜਾਣੁ ਮਿਠਾਈ ਇਖ, ਬੇਈ ਪੀੜੇ ਨਾ ਹੁਟੈ ॥੨॥ {ਪੰਨਾ ੧੦੯੮}

ਪਦ ਅਰਥ :—ਸੰਦੜੀ—ਦੀ । ਪਿਰੀਆ ਸੰਦੜੀ ਭੁਖ—ਪਿਆਰੇ ਪਤੀ-ਪ੍ਰਭੂ ਨੂੰ ਮਿਲਣ ਦੀ ਭੁੱਖ (ਮਿਟਾਣ ਲਈ) । ਥੀ ਵਿਥਰਾ—ਹੋ ਜਾਵਾਂ । ਮੂ—ਮੈਂ, ਮੇਰਾ ਆਪਾ-ਭਾਵ । ਲਾਵਣ—ਸਲੂਣਾ । ਜਾਣੁ—ਮੈਂ ਜਾਣ ਲਵਾਂ, ਮੈਂ ਬਣਨਾ ਸਿੱਖ ਲਵਾਂ । ਮਿਠਾਈ ਇਖ—ਗੰਨੇ ਦੀ ਮਿਠਾਸ । ਬੇਈ ਪੀੜੇ—ਮੁੜ ਮੁੜ ਪੀੜਿਆਂ । ਨਾ ਹੁਟੈ—ਨਾਹ ਮੁੱਕੇ ।

ਅਰਥ :—ਪਿਆਰੇ ਪਤੀ-ਪ੍ਰਭੂ ਨੂੰ ਮਿਲਣ ਦੀ ਭੁੱਖ ਮਿਟਾਣ ਲਈ ਮੇਰਾ ਆਪਾ-ਭਾਵ ਸਲੂਣਾ ਬਣ ਜਾਏ । ਮੈਂ ਅਜੇਹੀ ਗੰਨੇ ਦੀ ਮਿਠਾਸ ਬਣਨਾ ਸਿੱਖ ਲਵਾਂ ਕਿ (ਗੰਨੇ ਨੂੰ) ਮੁੜ ਮੁੜ ਪੀੜਿਆਂ ਭੀ ਨਾਹ ਮੁੱਕੇ (ਭਾਵ, ਮੈਂ ਆਪਾ-ਭਾਵ ਮਿਟਾ ਦਿਆਂ, ਤੇ ਆਪਾ ਵਾਰਦਿਆਂ ਕਦੇ ਅੱਕਾਂ ਨਾਹ, ਰੱਜਾਂ ਨਾਹ) ।੨।

ਮਃ ੫ ॥ ਠਗਾ ਨੀਹੁ ਮਤ੍ਰੋੜਿ, ਜਾਣੁ ਗੰਧ੍ਰਬਾ ਨਗਰੀ ॥ ਸੁਖ ਘਟਾਊ ਡੂਇ, ਇਸੁ ਪੰਧਾਣੂ ਘਰ ਘਣੇ ॥੩॥ {ਪੰਨਾ ੧੦੯੮}

ਪਦ ਅਰਥ :—ਠਗਾ ਨੀਹੁ—ਠੱਗ ਦਾ ਪਿਆਰ, ਦੁਨੀਆ ਦਾ ਮੋਹ । ਮਤ੍ਰੋੜਿ—ਚੰਗੀ ਤਰ੍ਹਾਂ ਤੋੜ ਦੇ । ਗੰਧ੍ਰਬਾ ਨਗਰੀ—ਧੂਏਂ ਦਾ ਪਹਾੜ, ਛਲ । ਜਾਣੁ—ਸਮਝ । ਡੂਇ—ਦੋ । ਸੁਖ ਘਟਾਊ ਡੂਇ—ਦੋ ਘੜੀਆਂ ਦਾ ਸੁਖ (ਮਾਣਿਆਂ) । ਪੰਧਾਣੂ—ਰਾਹੀ (-ਜੀਵ) । ਘਣੇ—ਅਨੇਕਾਂ । ਘਰ—ਜੂਨਾਂ ।

ਅਰਥ :—(ਹੇ ਭਾਈ!) ਦੁਨੀਆ ਦਾ ਮੋਹ ਚੰਗੀ ਤਰ੍ਹਾਂ ਤੋੜ ਦੇ, (ਇਸ ਦੁਨੀਆ ਨੂੰ) ਧੂਏਂ ਦਾ ਪਹਾੜ ਸਮਝ । (ਦੁਨੀਆ ਦਾ) ਦੋ ਘੜੀਆਂ ਦਾ ਸੁਖ (ਮਾਣਿਆਂ) ਇਸ ਜੀਵ-ਰਾਹੀ ਨੂੰ ਅਨੇਕਾਂ ਜੂਨਾਂ (ਵਿਚ ਭਟਕਣਾ ਪੈਂਦਾ ਹੈ) ।੩।

ਪਉੜੀ ॥ ਅਕਲ ਕਲਾ ਨਹ ਪਾਈਐ ਪ੍ਰਭੁ ਅਲਖ ਅਲੇਖੰ ॥ ਖਟੁ ਦਰਸਨ ਭ੍ਰਮਤੇ ਫਿਰਹਿ ਨਹ ਮਿਲੀਐ ਭੇਖੰ ॥ ਵਰਤ ਕਰਹਿ ਚੰਦ੍ਰਾਇਣਾ ਸੇ ਕਿਤੈ ਨ ਲੇਖੰ ॥ ਬੇਦ ਪੜਹਿ ਸੰਪੂਰਨਾ ਤਤੁ ਸਾਰ ਨ ਪੇਖੰ ॥ ਤਿਲਕੁ ਕਢਹਿ ਇਸਨਾਨੁ ਕਰਿ ਅੰਤਰਿ ਕਾਲੇਖੰ ॥ ਭੇਖੀ ਪ੍ਰਭੂ ਨ ਲਭਈ ਵਿਣੁ ਸਚੀ ਸਿਖੰ ॥ ਭੂਲਾ ਮਾਰਗਿ ਸੋ ਪਵੈ ਜਿਸੁ ਧੁਰਿ ਮਸਤਕਿ ਲੇਖੰ ॥ ਤਿਨਿ ਜਨਮੁ ਸਵਾਰਿਆ ਆਪਣਾ ਜਿਨਿ ਗੁਰੁ ਅਖੀ ਦੇਖੰ ॥੧੩॥ {ਪੰਨਾ ੧੦੯੯}

ਪਦ ਅਰਥ :—ਕਲਾ—(ਦਗਿਟਿ) ਹਿੱਸਾ, ਟੋਟਾ (ਜਿਵੇਂ ਚੰਦ੍ਰਮਾ ਦੀਆਂ ਕਲਾ ਵਧਦੀਆਂ ਘਟਦੀਆਂ ਹਨ) । ਅਕਲ—ਜਿਸ ਦੀਆਂ ਕਲਾਂ ਨਾਹ ਹੋਣ, ਜਿਸ ਦੇ ਟੋਟੇ ਨਾਹ ਹੋ ਸਕਣ, ਜੋ ਚੰਦ੍ਰਮਾ ਵਾਂਗ ਘਟਦਾ ਵਧਦਾ ਨਹੀਂ, ਅਖੰਡ ਸ਼ਕਤੀ ਵਾਲਾ । ਲਖ—(ਲ`) ਨਿਸ਼ਾਨ, ਚਿਹਨ । ਅਲੇਖ—ਜੋ ਬਿਆਨ ਨਾਹ ਕੀਤਾ ਜਾ ਸਕੇ । ਖਟੁ ਦਰਸਨ—ਛੇ ਭੇਖਾਂ ਦੇ ਸਾਧੂ (ਜੋਗੀ, ਜੰਗਮ, ਸਰੇਵੜੇ, ਸੰਨਿਆਸੀ, ਬੈਰਾਗੀ, ਬੋਧੀ) । ਚੰਦ੍ਰਾਇਣ ਵਰਤ—ਚੰਦ੍ਰਮਾ ਨਾਲ ਸੰਬੰਧ ਰੱਖਣ ਵਾਲੇ ਵਰਤ । ਸਾਰ—ਅਸਲੀਅਤ । ਨ ਪੇਖੰ—ਨਹੀਂ ਵੇਖਦੇ । ਮਾਰਗਿ—ਰਸਤੇ ਉਤੇ । ਤਿਨਿ—ਉਸ ਨੇ ।

ਅਰਥ :—ਜਿਸ ਪ੍ਰਭੂ ਦਾ ਕੋਈ ਚਿਹਨ-ਚੱਕ੍ਰ ਨਹੀਂ, ਜਿਸ ਦਾ ਸਰੂਪ ਬਿਆਨ ਨਹੀਂ ਕੀਤਾ ਜਾ ਸਕਦਾ, ਜੋ ਵਧਦਾ ਘਟਦਾ ਨਹੀਂ ਹੈ ਉਸ ਦਾ ਭੇਤ (ਕਲਾ) ਨਹੀਂ ਪਾਇਆ ਜਾ ਸਕਦਾ । ਛੇ ਭੇਖਾਂ ਦੇ ਸਾਧੂ (ਵਿਅਰਥ) ਭਟਕਦੇ ਫਿਰਦੇ ਹਨ, ਪ੍ਰਭੂ ਭੇਖਾਂ ਦੀ ਰਾਹੀਂ ਨਹੀਂ ਮਿਲਦਾ । (ਕਈ ਬੰਦੇ) ਚੰਦ੍ਰਾਇਣ ਵਰਤ ਰੱਖਦੇ ਹਨ, ਪਰ ਉਹਨਾਂ ਦਾ ਕੋਈ ਲਾਭ ਨਹੀਂ (ਉਹ ਕਿਸੇ ਗਿਣਤੀ ਵਿਚ ਨਹੀਂ) । ਜੋ ਸਾਰੇ ਦੇ ਸਾਰੇ ਵੇਦ ਪੜ੍ਹਦੇ ਹਨ, ਉਹ ਭੀ ਅਸਲੀਅਤ ਨਹੀਂ ਵੇਖ

ਸਕਦੇ । ਕਈ ਇਸ਼ਨਾਨ ਕਰ ਕੇ (ਮੱਥੇ ਉੱਤੇ) ਤਿਲਕ ਲਾਂਦੇ ਹਨ, ਪਰ ਉਹਨਾਂ ਨੇ ਮਨ ਵਿਚ (ਵਿਕਾਰਾਂ ਦੀ) ਕਾਲਖ ਹੁੰਦੀ ਹੈ (ਉਹਨਾਂ ਨੂੰ ਭੀ ਰੱਬ ਨਹੀਂ ਮਿਲਦਾ) । ਪਰਮਾਤਮਾ ਭੇਖਾਂ ਦੀ ਰਾਹੀਂ ਨਹੀਂ ਲੱਭਦਾ, (ਗੁਰੂ ਦੇ) ਸੱਚੇ ਉਪਦੇਸ਼ ਤੋਂ ਬਿਨਾ ਨਹੀਂ ਮਿਲਦਾ ।

ਜਿਸ ਮਨੁੱਖ ਦੇ ਮੱਥੇ ਉੱਤੇ ਧੁਰੋਂ (ਬਖ਼ਸ਼ਸ਼ ਦਾ ਲਿਖਿਆ) ਲੇਖ ਉੱਘੜ ਪਏ, ਉਹ (ਪਹਿਲਾਂ) ਕੁਰਾਹੇ ਪਿਆ ਹੋਇਆ (ਭੀ ਠੀਕ) ਰਸਤੇ ਤੇ ਆ ਜਾਂਦਾ ਹੈ । ਜਿਸ ਮਨੁੱਖ ਨੇ ਆਪਣੀ ਅੱਖੀਂ ਗੁਰੂ ਦਾ ਦਰਸਨ ਕਰ ਲਿਆ ਹੈ, ਉਸ ਨੇ ਆਪਣਾ ਜਨਮ ਸਫਲਾ ਕਰ ਲਿਆ ਹੈ ।੧੩।

ਡਖਣੇ ਮਃ ੫ ॥ ਸੋ ਨਿਵਾਹੂ ਗਡਿ, ਜੋ ਚਲਾਊ ਨ ਥੀਐ ॥ ਕਾਰ ਕੂੜਾਵੀ ਛਡਿ, ਸੰਮਲੁ ਸਚੁ ਧਣੀ ॥੧॥ {ਪੰਨਾ ੧੦੯੯}

ਪਦ ਅਰਥ :—ਨਿਵਾਹੂ—ਤੋੜ ਨਿਬਾਹੁਣ ਵਾਲਾ, ਪੂਰਾ ਸਾਥ ਨਿਬਾਹੁਣ ਵਾਲਾ । ਗਡਿ—(ਹਿਰਦੇ ਵਿਚ) ਪੱਕਾ ਕਰ ਕੇ ਰੱਖ । ਚਲਾਊ—ਚਲਾ ਜਾਣ ਵਾਲਾ, ਸਾਥ ਛੱਡ ਜਾਣ ਵਾਲਾ । ਥੀਐ—ਹੋਵੇ । ਸੰਮਲੁ—ਸੰਭਾਲ ਕੇ (ਮਨ ਵਿਚ) ਰੱਖ । ਧਣੀ—ਮਾਲਕ ।

ਅਰਥ :—ਜੋ (ਮਾਲਕ-ਪ੍ਰਭੂ) ਸਾਥ ਛੱਡ ਜਾਣ ਵਾਲਾ ਨਹੀਂ ਹੈ ਉਸ ਤੋੜ ਨਿਬਾਹੁਣ ਵਾਲੇ ਨੂੰ (ਹਿਰਦੇ ਵਿਚ) ਪੱਕਾ ਕਰ ਕੇ ਰੱਖ । ਸਦਾ-ਥਿਰ ਰਹਿਣ ਵਾਲੇ ਮਾਲਕ ਨੂੰ (ਮਨ ਵਿਚ) ਸੰਭਾਲ ਕੇ ਰੱਖ, (ਜੇਹੜੀ ਕਾਰ ਉਸ ਦੀ ਯਾਦ ਨੂੰ ਭੁਲਾਵੇ, ਉਸ) ਕੂੜੀ ਕਾਰ ਨੂੰ ਛੱਡ ਦੇਹ (ਮਾਇਆ ਸੰਬੰਧੀ ਕਾਰ ਵਿਚ ਚਿੱਤ ਨੂੰ ਨਾਹ ਗੱਡ) ।੧।

ਮਃ ੫ ॥ ਹਭ ਸਮਾਣੀ ਜੋਤਿ, ਜਿਉ ਜਲ ਘਟਾਊ ਚੰਦ੍ਰਮਾ ॥ ਪਰਗਟੁ ਥੀਆ ਆਪਿ, ਨਾਨਕ ਮਸਤਕਿ ਲਿਖਿਆ ॥੨॥ {ਪੰਨਾ ੧੦੯੯}

ਪਦ ਅਰਥ :—ਹਭ—ਹਰ ਥਾਂ । ਘਟਾਊ—ਘੜਿਆਂ ਵਿਚ । ਮਸਤਕਿ—ਮੱਥੇ ਉਤੇ ।

ਅਰਥ :—ਹੇ ਨਾਨਕ! ਪ੍ਰਭੂ ਦੀ ਜੋਤਿ ਤਾਂ ਹਰ ਥਾਂ ਸਮਾਈ ਹੋਈ ਹੈ (ਮੌਜੂਦ ਹੈ) ਜਿਵੇਂ ਪਾਣੀ ਦੇ ਘੜਿਆਂ ਵਿਚ ਚੰਦ੍ਰਮਾ (ਦਾ ਪ੍ਰਤਿਬਿੰਬ) ਹੈ । (ਪਰ ਮਾਇਆ-ਵੇੜ੍ਹੇ ਜੀਵ ਨੂੰ ਆਪਣੇ ਅੰਦਰ ਉਸ ਦਾ ਦੀਦਾਰ ਨਹੀਂ ਹੁੰਦਾ) । ਜਿਸ ਮਨੁੱਖ ਦੇ ਮੱਥੇ ਉਤੇ (ਪੂਰਬਲਾ) ਲਿਖਿਆ ਲੇਖ ਜਾਗਦਾ ਹੈ, ਉਸ ਦੇ ਅੰਦਰ ਪ੍ਰਭੂ ਦੀ ਜੋਤਿ ਪਰਤੱਖ ਹੋ ਪੈਂਦੀ ਹੈ ।੨।

ਮਃ ੫ ॥ ਮੁਖ ਸੁਹਾਵੇ ਨਾਮੁ ਚਉ, ਆਠ ਪਹਰ ਗੁਣ ਗਾਉ ॥ ਨਾਨਕ ਦਰਗਹ ਮੰਨੀਅਹਿ, ਮਿਲੀ ਨਿਥਾਵੇ ਥਾਉ ॥੩॥ {ਪੰਨਾ ੧੦੯੯}

ਪਦ ਅਰਥ :—ਸੁਹਾਵੇ—ਸੋਹਣੇ । ਚਉ—ਉਚਾਰ (ਕੇ) । ਮੰਨੀਅਹਿ—ਆਦਰ ਪ੍ਰਾਪਤ ਕਰਦੇ ਹਨ ।

ਅਰਥ :—ਹੇ ਨਾਨਕ! ਜੋ ਮਨੁੱਖ ਪ੍ਰਭੂ ਦਾ ਨਾਮ ਸਿਮਰਦੇ ਹਨ ਜੋ ਅੱਠੇ ਪਹਰ ਪ੍ਰਭੂ ਦੀ ਸਿਫ਼ਤਿ-ਸਾਲਾਹ ਕਰਦੇ ਹਨ, ਉਹਨਾਂ ਦੇ ਮੂੰਹ ਸੁੰਦਰ (ਦਿੱਸਦੇ) ਹਨ । ਹੇ ਨਾਨਕ! ਅਜੇਹੇ (ਭਾਗਾਂ ਵਾਲੇ) ਬੰਦੇ ਪ੍ਰਭੂ ਦੀ ਹਜ਼ੂਰੀ ਵਿਚ ਮਾਣ ਪਾਂਦੇ ਹਨ । ਜਿਸ ਮਨੁੱਖ ਨੂੰ (ਪਹਿਲਾਂ) ਕਿਤੇ ਭੀ ਆਸਰਾ ਨਹੀਂ ਸੀ ਮਿਲਦਾ (ਨਾਮ ਦੀ ਬਰਕਤਿ ਨਾਲ) ਉਸ ਨੂੰ (ਹਰ ਥਾਂ) ਆਦਰ ਮਿਲਦਾ ਹੈ ।੩।

ਪਉੜੀ ॥ ਬਾਹਰ ਭੇਖਿ ਨ ਪਾਈਐ ਪ੍ਰਭੁ ਅੰਤਰਜਾਮੀ ॥ ਇਕਸੁ ਹਰਿ ਜੀਉ ਬਾਹਰੀ ਸਭ ਫਿਰੈ ਨਿਕਾਮੀ ॥ ਮਨੁ ਰਤਾ ਕੁਟੰਬ ਸਿਉ ਨਿਤ ਗਰਬਿ ਫਿਰਾਮੀ ॥ ਫਿਰਹਿ ਗੁਮਾਨੀ ਜਗ ਮਹਿ ਕਿਆ ਗਰਬਹਿ ਦਾਮੀ ॥ ਚਲਦਿਆ ਨਾਲਿ ਨ ਚਲਈ ਖਿਨ ਜਾਇ ਬਿਲਾਮੀ ॥ ਬਿਚਰਦੇ ਫਿਰਹਿ ਸੰਸਾਰ ਮਹਿ ਹਰਿ ਜੀ ਹੁਕਾਮੀ ॥ ਕਰਮੁ ਖੁਲਾ ਗੁਰੁ ਪਾਇਆ ਹਰਿ ਮਿਲਿਆ ਸੁਆਮੀ ॥ ਜੋ ਜਨੁ ਹਰਿ ਕਾ ਸੇਵਕੋ ਹਰਿ ਤਿਸ ਕੀ ਕਾਮੀ ॥੧੪॥ {ਪੰਨਾ ੧੦੯੯}

ਪਦ ਅਰਥ :—ਬਾਹਰ ਭੇਖਿ—ਬਾਹਰਲੇ ਭੇਖਾਂ ਨਾਲ । ਅੰਤਰਜਾਮੀ—ਦਿਲ ਦੀ ਜਾਣਨ ਵਾਲਾ । ਬਾਹਰੀ—ਬਿਨਾ । ਨਿਕਾਮੀ—ਨਿਕੰਮੀ, ਵਿਅਰਥ । ਗਰਬਿ—ਅਹੰਕਾਰ ਵਿਚ । ਫਿਰਾਮੀ—ਫਿਰਦੀ ਹੈ । ਗੁਮਾਨੀ—ਅਹੰਕਾਰੀ । ਗਰਬਹਿ—ਅਹੰਕਾਰ ਕਰਦੇ ਹਨ । ਦਾਮੀ—ਪੈਸੇ ਵਾਲੇ, ਮਾਇਆਧਾਰੀ । ਬਿਲਾਮੀ—ਬਿਲਮ, ਦੇਰ, ਚਿਰ । ਹੁਕਾਮੀ—ਹੁਕਮ ਵਿਚ, ਹੁਕਮ ਅਨੁਸਾਰ । ਕਰਮੁ—ਬਖ਼ਸ਼ਸ਼ । ਕਾਮੀ—ਕੰਮ ਆਉਂਦਾ ਹੈ । ਤਿਸ ਕੀ ਕਾਮੀ—ਉਸ ਦੇ ਕੰਮ ਆਉਂਦਾ ਹੈ, ਉਸ ਦਾ ਕੰਮ ਸਵਾਰਦਾ ਹੈ ।

ਅਰਥ :—ਰੱਬ ਬਾਹਰਲੇ ਭੇਖਾਂ ਨਾਲ ਨਹੀਂ ਮਿਲਦਾ (ਕਿਉਂਕਿ) ਉਹ ਹਰੇਕ ਦੇ ਦਿਲ ਦੀ ਜਾਣਦਾ ਹੈ, ਤੇ, ਇਕ ਰੱਬ ਦੇ ਮਿਲਾਪ ਤੋਂ ਬਿਨਾ ਸਾਰੀ ਸ੍ਰਿਸ਼ਟੀ ਵਿਅਰਥ ਵਿਚਰਦੀ ਹੈ । ਜਿਨ੍ਹਾਂ ਬੰਦਿਆਂ ਦਾ ਮਨ ਪਰਵਾਰ ਦੇ ਮੋਹ ਵਿਚ ਰੰਗਿਆ ਰਹਿੰਦਾ ਹੈ, ਉਹ ਸਦਾ ਅਹੰਕਾਰ ਵਿਚ ਹੀ ਫਿਰਦੇ ਹਨ, ਮਾਇਆ-ਧਾਰੀ ਬੰਦੇ ਜਗਤ ਵਿਚ ਆਕੜ ਆਕੜ ਕੇ ਚੱਲਦੇ ਹਨ, ਪਰ ਉਹਨਾਂ ਦਾ ਅਹੰਕਾਰ ਕਿਸੇ ਅਰਥ ਨਹੀਂ, (ਕਿਉਂਕਿ) ਜਗਤ ਤੋਂ ਤੁਰਨ ਵੇਲੇ ਮਾਇਆ ਜੀਵ ਦੇ ਨਾਲ ਨਹੀਂ ਜਾਂਦੀ, ਖਿਨ ਪਲ ਵਿਚ ਹੀ ਸਾਥ ਛੱਡ ਜਾਂਦੀ ਹੈ । ਅਜੇਹੇ ਬੰਦੇ ਪਰਮਾਤਮਾ ਦੀ ਰਜ਼ਾ ਅਨੁਸਾਰ ਸੰਸਾਰ ਵਿਚ (ਵਿਅਰਥ ਹੀ) ਜੀਵਨ ਗੁਜ਼ਾਰ ਜਾਂਦੇ ਹਨ ।

ਜਿਸ ਮਨੁੱਖ ਉਤੇ ਪ੍ਰਭੂ ਦੀ ਮੇਹਰ (ਦਾ ਦਰਵਾਜ਼ਾ) ਖੁਲ੍ਹਦਾ ਹੈ, ਉਸ ਨੂੰ ਗੁਰੂ ਮਿਲਦਾ ਹੈ (ਗੁਰੂ ਦੀ ਰਾਹੀਂ) ਉਸ ਨੂੰ ਮਾਲਕ-ਪ੍ਰਭੂ ਮਿਲ ਪੈਂਦਾ ਹੈ । ਜੋ ਮਨੁੱਖ ਪ੍ਰਭੂ ਦਾ ਸੇਵਕ ਬਣ ਜਾਂਦਾ ਹੈ, ਪ੍ਰਭੂ ਉਸ ਦਾ ਕੰਮ ਸਵਾਰਦਾ ਹੈ ।੧੪।

ਡਖਣੇ ਮਃ ੫ ॥ ਮੁਖਹੁ ਅਲਾਏ ਹਭ, ਮਰਣੁ ਪਛਾਣੰਦੋ ਕੋਇ ॥ ਨਾਨਕ ਤਿਨਾ ਖਾਕੁ, ਜਿਨਾ ਯਕੀਨਾ ਹਿਕ ਸਿਉ ॥੧॥ {ਪੰਨਾ ੧੦੯੯}

ਪਦ ਅਰਥ :—ਅਲਾਏ—ਉਚਾਰਦਾ ਹੈ, ਆਖਦਾ ਹੈ । ਹਭ—ਸਾਰੀ (ਸ੍ਰਿਸ਼ਟੀ) । ਕੋਇ—ਕੋਈ ਵਿਰਲਾ । ਖਾਕੁ—ਚਰਨ-ਧੂੜ । ਯਕੀਨਾ—ਪਰਤੀਤ, ਸਰਧਾ । ਹਿਕ—ਇਕ ।

ਅਰਥ :—ਸਾਰੀ ਸ੍ਰਿਸ਼ਟੀ ਹੀ ਮੂੰਹ ਨਾਲ ਆਖਦੀ ਹੈ (ਕਿ) ਮੌਤ (ਸਿਰ ਉਤੇ ਖੜੀ ਹੈ), ਪਰ ਕੋਈ ਵਿਰਲਾ ਬੰਦਾ (ਇਹ ਗੱਲ ਯਕੀਨ ਨਾਲ) ਸਮਝਦਾ ਹੈ । ਹੇ ਨਾਨਕ! (ਆਖ—) ਮੈਂ ਉਹਨਾਂ (ਗੁਰਮੁਖਾਂ) ਦੀ ਚਰਨ-ਧੂੜ (ਮੰਗਦਾ) ਹਾਂ ਜੋ (ਮੌਤ ਨੂੰ ਸੱਚ ਜਾਣ ਕੇ) ਇਕ ਪਰਮਾਤਮਾ ਨਾਲ ਸੰਬੰਧ ਜੋੜਦੇ ਹਨ ।੧।

ਮਃ ੫ ॥ ਜਾਣੁ ਵਸੰਦੋ ਮੰਝਿ, ਪਛਾਣੂ ਕੋ ਹੇਕੜੋ ॥ ਤੈ ਤਨਿ ਪੜਦਾ ਨਾਹਿ, ਨਾਨਕ ਜੈ ਗੁਰੁ ਭੇਟਿਆ ॥੨॥ {ਪੰਨਾ ੧੦੯੯}

ਪਦ ਅਰਥ :—ਜਾਣੁ—ਅੰਤਰਜਾਮੀ । ਮੰਝਿ—(ਹਰੇਕ ਜੀਵ ਦੇ) ਅੰਦਰ । ਕੋ ਹੇਕੜੋ—ਕੋਈ ਵਿਰਲਾ ਇਕ । ਤੈ ਤਨਿ—ਉਸ ਮਨੁੱਖ ਦੇ ਸਰੀਰ ਵਿਚ । ਪੜਦਾ—ਪਰਮਾਤਮਾ ਨਾਲੋਂ ਵਿੱਥ । ਜੈ—ਜਿਸ ਨੂੰ । ਭੇਟਿਆ—ਮਿਲਿਆ ।

ਅਰਥ :—ਅੰਤਰਜਾਮੀ ਪਰਮਾਤਮਾ (ਹਰੇਕ ਜੀਵ ਦੇ) ਅੰਦਰ ਵੱਸਦਾ ਹੈ, ਪਰ ਇਸ ਗੱਲ ਨੂੰ ਕੋਈ ਵਿਰਲਾ ਬੰਦਾ ਸਮਝਦਾ ਹੈ । ਹੇ ਨਾਨਕ! (ਜਿਸ ਮਨੁੱਖ ਨੂੰ ਗੁਰੂ ਮਿਲ ਪੈਂਦਾ ਹੈ ਉਸ ਦੇ ਹਿਰਦੇ ਵਿਚ (ਸਰੀਰ ਵਿਚ ਪਰਮਾਤਮਾ ਨਾਲੋਂ) ਵਿੱਥ ਨਹੀਂ ਰਹਿ ਜਾਂਦੀ (ਤੇ ਉਹ ਪਰਮਾਤਮਾ ਨੂੰ ਆਪਣੇ ਅੰਦਰ ਵੇਖ ਲੈਂਦਾ ਹੈ) ।੨।

ਮਃ ੫ ॥ ਮਤੜੀ ਕਾਂਢਕੁ ਆਹ, ਪਾਵ ਧੋਵੰਦੋ ਪੀਵਸਾ ॥ ਮੂ ਤਨਿ ਪ੍ਰੇਮੁ ਅਥਾਹ, ਪਸਣ ਕੂ ਸਚਾ ਧਣੀ ॥੩॥ {ਪੰਨਾ ੧੦੯੯}

ਪਦ ਅਰਥ :—ਕੁਆਹੁ—ਭੈੜੀ, ਖੋਟੀ (ਕੁਲਾਹ), ਘਾਟੇ ਵਾਲੀ । ਮਤੜੀ—ਕੋਝੀ ਮਤ । ਕਾਂਢ—ਕੱਢਣ ਵਾਲਾ । ਕਾਂਢ ਪਾਵ—ਕੱਢਣ ਵਾਲੇ ਦੇ ਪੈਰ । ਮੂ ਤਨਿ—ਮੇਰੇ ਸਰੀਰ ਵਿਚ, ਮੇਰੇ ਹਿਰਦੇ ਵਿਚ । ਅਥਾਹ—ਬੇਅੰਤ । ਪਸਣ ਕੂ—ਵੇਖਣ ਲਈ । ਧਣੀ—ਮਾਲਕ ।

ਅਰਥ :—ਸਦਾ ਕਾਇਮ ਰਹਿਣ ਵਾਲੇ ਮਾਲਕ ਦਾ ਦਰਸਨ ਕਰਨ ਵਾਸਤੇ ਮੇਰੇ ਹਿਰਦੇ ਵਿਚ ਅਥਾਹ ਪ੍ਰੇਮ ਹੈ (ਪਰ ਮੇਰੀ ਖੋਟੀ ਮਤ ਦਰਸਨ ਦੇ ਰਸਤੇ ਵਿਚ ਰੋਕ ਪਾਂਦੀ ਹੈ); ਜੇਹੜਾ ਮਨੁੱਖ ਮੇਰੀ ਇਸ ਖੋਟੀ ਮਤ ਨੂੰ (ਮੇਰੇ ਅੰਦਰੋਂ) ਕੱਢ ਦੇਵੇ, ਮੈਂ ਉਸ ਦੇ ਪੈਰ ਧੋ ਧੋ ਕੇ ਪੀਵਾਂਗਾ ।੩।

ਪਉੜੀ ॥ ਨਿਰਭਉ ਨਾਮੁ ਵਿਸਾਰਿਆ ਨਾਲਿ ਮਾਇਆ ਰਚਾ ॥ ਆਵੈ ਜਾਇ ਭਵਾਈਐ ਬਹੁ ਜੋਨੀ ਨਚਾ ॥ ਬਚਨੁ ਕਰੇ ਤੈ ਖਿਸਕਿ ਜਾਇ ਬੋਲੇ ਸਭੁ ਕਚਾ ॥ ਅੰਦਰਹੁ ਥੋਥਾ ਕੂੜਿਆਰੁ ਕੂੜੀ ਸਭ ਖਚਾ ॥ ਵੈਰੁ ਕਰੇ ਨਿਰਵੈਰ ਨਾਲਿ ਝੂਠੇ ਲਾਲਚਾ ॥ ਮਾਰਿਆ ਸਚੈ ਪਾਤਿਸਾਹਿ ਵੇਖਿ ਧੁਰਿ ਕਰਮਚਾ ॥ ਜਮਦੂਤੀ ਹੈ ਹੇਰਿਆ ਦੁਖ ਹੀ ਮਹਿ ਪਚਾ ॥ ਹੋਆ ਤਪਾਵਸੁ ਧਰਮ ਕਾ ਨਾਨਕ ਦਰਿ ਸਚਾ ॥੧੫॥ {ਪੰਨਾ ੧੦੯੯}

ਪਦ ਅਰਥ :—ਰਚਾ—ਖਚਿਤ, ਮਸਤ । ਨਚਾ—ਨੱਚਦਾ, ਭਟਕਦਾ ਫਿਰਦਾ । ਤੈ—ਅਤੇ । ਥੋਥਾ—ਖ਼ਾਲੀ । ਕੂੜਿਆਰੁ—ਝੂਠਾ । ਖਚਾ—ਗੱਪ । ਪਾਤਿਸਾਹਿ—ਪਾਤਿਸ਼ਾਹ ਨੇ । ਵੇਖਿ—ਵੇਖ ਕੇ । ਕਰਮਚਾ—ਕਰਮ, ਕੀਤੇ ਕੰਮ । ਹੇਰਿਆ—ਤੱਕਿਆ । ਜਮਦੂਤੀ—ਜਮਦੂਤਾਂ ਨੇ । ਪਚਾ—ਖ਼ੁਆਰ ਹੁੰਦਾ । ਤਪਾਵਸੁ—ਨਿਆਉ । ਦਰਿ—ਦਰ ਤੇ ।

ਅਰਥ :—ਜਿਸ ਮਨੁੱਖ ਨੇ ਨਿਰਭਉ ਪ੍ਰਭੂ ਦਾ ਨਾਮ ਭੁਲਾ ਦਿੱਤਾ ਹੈ ਤੇ ਜੋ ਮਾਇਆ ਵਿਚ ਹੀ ਮਸਤ ਰਹਿੰਦਾ ਹੈ, ਉਹ ਜਨਮ ਮਰਨ ਦੇ ਗੇੜ ਵਿਚ ਪੈ ਜਾਂਦਾ ਹੈ ਉਹ ਅਨੇਕਾਂ ਜੂਨਾਂ ਵਿਚ ਭਟਕਦਾ ਹੈ ।

(ਮਾਇਆ ਵਿਚ ਮਸਤ ਮਨੁੱਖ ਜੇ ਕੋਈ) ਬਚਨ ਕਰਦਾ ਹੈ ਤਾਂ ਉਸ ਤੋਂ ਫਿਰ ਜਾਂਦਾ ਹੈ, ਸਦਾ ਝੂਠੀ ਗੱਲ ਹੀ ਕਰਦਾ ਹੈ । ਉਹ ਝੂਠਾ ਆਪਣੇ ਮਨ ਵਿਚੋਂ ਖ਼ਾਲੀ ਹੁੰਦਾ ਹੈ (ਉਸ ਦੀ ਨੀਯਤ ਪਹਿਲਾਂ ਹੀ ਮਾੜੀ ਹੁੰਦੀ ਹੈ, ਇਸ ਵਾਸਤੇ) ਉਸ ਦੀ (ਹਰੇਕ ਗੱਲ) ਝੂਠੀ ਹੁੰਦੀ ਹੈ ਗੱਪ ਹੁੰਦੀ ਹੈ । ਅਜੇਹਾ ਬੰਦਾ ਝੂਠੇ ਲਾਲਚ ਵਿਚ ਫਸ ਕੇ ਨਿਰਵੈਰ ਬੰਦੇ ਨਾਲ ਭੀ ਵੈਰ ਕਮਾ ਲੈਂਦਾ ਹੈ, ਮੁੱਢ ਤੋਂ ਹੀ ਉਸ ਲਾਲਚੀ ਦੇ ਕੰਮਾਂ ਨੂੰ ਵੇਖ ਕੇ ਸਦਾ-ਥਿਰ ਰਹਿਣ ਵਾਲੇ ਪ੍ਰਭੂ ਪਾਤਿਸ਼ਾਹ ਨੇ (ਉਸ ਦੀ ਜ਼ਮੀਰ ਨੂੰ) ਮਾਰ ਦਿੱਤਾ ਹੋਇਆ ਹੈ । ਅਜੇਹਾ ਮਨੁੱਖ ਸਦਾ ਜਮਦੂਤਾਂ ਦੀ ਤੱਕ ਵਿਚ ਰਹਿੰਦਾ ਹੈ, ਦੁੱਖਾਂ ਵਿਚ ਹੀ ਖ਼ੁਆਰ ਹੁੰਦਾ ਹੈ । ਹੇ ਨਾਨਕ! ਸੱਚੇ ਪ੍ਰਭੂ ਦੇ ਦਰ ਤੇ ਧਰਮ ਦਾ ਇਨਸਾਫ਼ (ਹੀ) ਹੁੰਦਾ ਹੈ ।੧੫।

ਡਖਣੇ ਮਃ ੫ ॥ ਪਰਭਾਤੇ ਪ੍ਰਭ ਨਾਮੁ ਜਪਿ, ਗੁਰ ਕੇ ਚਰਣ ਧਿਆਇ ॥ ਜਨਮ ਮਰਣ ਮਲੁ ਉਤਰੈ, ਸਚੇ ਕੇ ਗੁਣ ਗਾਇ ॥੧॥ {ਪੰਨਾ ੧੦੯੯}

ਪਦ ਅਰਥ :—ਪ੍ਰਭ ਨਾਮੁ—ਪ੍ਰਭੂ ਦਾ ਨਾਮ । ਧਿਆਇ—ਧਿਆਨ ਧਰ ।

ਅਰਥ :—(ਹੇ ਭਾਈ!) ਅੰਮ੍ਰਿਤ ਵੇਲੇ ਉੱਠ ਕੇ ਪ੍ਰਭੂ ਦਾ ਨਾਮ ਸਿਮਰ, ਅਤੇ ਆਪਣੇ ਗੁਰੂ ਦੇ ਚਰਨਾਂ ਦਾ ਧਿਆਨ ਧਰ (ਭਾਵ, ਪ੍ਰਭੂ ਦੇ ਨਾਮ ਵਿਚ ਜੋੜਨ ਵਾਲੇ ਗੁਰੂ ਦਾ ਆਦਰ-ਸਤਕਾਰ ਪੂਰੀ ਨਿਮ੍ਰਤਾ ਹਲੀਮੀ ਨਾਲ ਆਪਣੇ ਹਿਰਦੇ ਵਿਚ ਟਿਕਾ) । ਸਦਾ ਕਾਇਮ ਰਹਿਣ ਵਾਲੇ ਪ੍ਰਭੂ ਦੀ ਸਿਫ਼ਤਿ-ਸਾਲਾਹ ਕੀਤਿਆਂ ਜਨਮ ਮਰਨ ਦੇ ਗੇੜ ਵਿਚ ਪਾਣ ਵਾਲੀ ਵਿਕਾਰਾਂ ਦੀ ਮੈਲ ਮਨ ਤੋਂ ਉਤਰ ਜਾਂਦੀ ਹੈ ।੧।

ਮਃ ੫ ॥ ਦੇਹ ਅੰਧਾਰੀ ਅੰਧੁ, ਸੁੰਞੀ ਨਾਮ ਵਿਹੂਣੀਆ ॥ ਨਾਨਕ ਸਫਲ ਜਨੰਮੁ, ਜੈ ਘਟਿ ਵੁਠਾ ਸਚੁ ਧਣੀ ॥੨॥ {ਪੰਨਾ ੧੦੯੯}

ਪਦ ਅਰਥ :—ਦੇਹ—ਕਾਇਆਂ । ਅੰਧੁ ਅੰਧਾਰੀ—ਪੂਰਨ ਤੌਰ ਤੇ ਅੰਨ੍ਹੀ । ਸੁੰਞੀ—ਆਤਮਕ ਜੀਵਨ ਤੋਂ ਸੱਖਣੀ । ਜੈ ਘਟਿ—ਜਿਸ ਮਨੁੱਖ ਦੇ ਹਿਰਦੇ ਵਿਚ । ਸਚੁ—ਸਦਾ-ਥਿਰ । ਵੁਠਾ—ਆ ਵੱਸਿਆ ।

ਅਰਥ :—ਨਾਮ ਤੋਂ ਖੁੰਝਿਆ ਹੋਇਆ ਸਰੀਰ (ਆਤਮਕ ਜੀਵਨ ਤੋਂ) ਸੱਖਣਾ ਰਹਿੰਦਾ ਹੈ, ਪੂਰਨ ਤੌਰ ਤੇ (ਆਤਮਕ ਜੀਵਨ ਦੀ ਸੂਝ ਵਲੋਂ) ਅੰਨ੍ਹਾ ਹੋ ਜਾਂਦਾ ਹੈ (ਭਾਵ, ਸਾਰੇ ਗਿਆਨ ਇੰਦ੍ਰੇ ਸੁਚੱਜੀ ਵਰਤੋਂ ਵਲੋਂ ਅੰਨ੍ਹੇ ਹੋ ਕੇ ਵਿਕਾਰਾਂ ਵਿਚ ਪਰਵਿਰਤ ਹੋਏ ਰਹਿੰਦੇ ਹਨ) । ਹੇ ਨਾਨਕ! ਜਿਸ ਮਨੁੱਖ ਦੇ ਹਿਰਦੇ ਵਿਚ ਸਦਾ-ਥਿਰ ਮਾਲਕ-ਪ੍ਰਭੂ ਆ ਵੱਸਦਾ ਹੈ, ਉਸ ਦੀ ਜ਼ਿੰਦਗੀ ਮੁਬਾਰਿਕ ਹੈ ।੨।

ਮਃ ੫ ॥ ਲੋਇਣ ਲੋਈ ਡਿਠ, ਪਿਆਸ ਨ ਬੁਝੈ ਮੂ ਘਣੀ ॥ ਨਾਨਕ ਸੇ ਅਖੜੀਆ ਬਿਅੰਨਿ, ਜਿਨੀ ਡਿਸੰਦੋ ਮਾ ਪਿਰੀ ॥੩॥ {ਪੰਨਾ ੧੦੯੯}

ਪਦ ਅਰਥ :—ਲੋਇਣ—ਅੱਖਾਂ ਨਾਲ । ਲੋਈ—ਲੋਕ, ਜਗਤ, ਮਾਇਕ ਪਦਾਰਥ । ਪਿਆਸ—ਮਾਇਕ ਪਦਾਰਥਾਂ ਦੀ ਲਾਲਸਾ । ਮੂ—ਮੇਰੀ । ਘਣੀ—ਬਹੁਤ ਵਧੀ ਹੋਈ । ਅਖੜੀਆ—ਅੱਖਾਂ । ਬਿਅੰਨਿ—ਹੋਰ ਕਿਸਮ ਦੀਆਂ । ਮਾ—ਮੇਰਾ ।

ਅਰਥ :—(ਜਿਉਂ ਜਿਉਂ) ਮੈਂ ਇਹਨਾਂ ਅੱਖਾਂ ਨਾਲ (ਨਿਰੇ) ਜਗਤ ਨੂੰ (ਭਾਵ, ਦੁਨੀਆ ਦੇ ਪਦਾਰਥਾਂ ਨੂੰ) ਤੱਕਦਾ ਹਾਂ (ਇਹਨਾਂ ਪਦਾਰਥਾਂ ਵਾਸਤੇ ਮੇਰੀ

ਲਾਲਸਾ ਬਹੁਤ ਵਧਦੀ ਜਾਂਦੀ ਹੈ, ਲਾਲਸਾ ਮੁੱਕਦੀ ਨਹੀਂ । ਹੇ ਨਾਨਕ! (ਤ੍ਰਿਸਨਾ-ਮਾਰੀਆਂ ਅੱਖਾਂ ਨਾਲ ਪਿਆਰਾ ਪ੍ਰਭੂ ਦਿੱਸ ਨਹੀਂ ਸਕਦਾ) ਉਹ ਅੱਖਾਂ (ਇਹਨਾਂ ਤ੍ਰਿਸ਼ਨਾ-ਵੇੜ੍ਹੀਆਂ ਅੱਖਾਂ ਨਾਲੋਂ) ਹੋਰ ਕਿਸਮ ਦੀਆਂ ਹਨ, ਜਿਨ੍ਹਾਂ ਨਾਲ ਪਿਆਰਾ ਪਤੀ-ਪ੍ਰਭੂ ਦਿੱਸਦਾ ਹੈ ।੩।

ਪਉੜੀ ॥ ਜਿਨਿ ਜਨਿ ਗੁਰਮੁਖਿ ਸੇਵਿਆ ਤਿਨਿ ਸਭਿ ਸੁਖ ਪਾਈ ॥ ਓਹੁ ਆਪਿ ਤਰਿਆ ਕੁਟੰਬ ਸਿਉ ਸਭੁ ਜਗਤੁ ਤਰਾਈ ॥ ਓਨਿ ਹਰਿ ਨਾਮਾ ਧਨੁ ਸੰਚਿਆ ਸਭ ਤਿਖਾ ਬੁਝਾਈ ॥ ਓਨਿ ਛਡੇ ਲਾਲਚ ਦੁਨੀ ਕੇ ਅੰਤਰਿ ਲਿਵ ਲਾਈ ॥ ਓਸੁ ਸਦਾ ਸਦਾ ਘਰਿ ਅਨੰਦੁ ਹੈ ਹਰਿ ਸਖਾ ਸਹਾਈ ॥ ਓਨਿ ਵੈਰੀ ਮਿਤ੍ਰ ਸਮ ਕੀਤਿਆ ਸਭ ਨਾਲਿ ਸੁਭਾਈ ॥ ਹੋਆ ਓਹੀਅਲੁ ਜਗ ਮਹਿ ਗੁਰ ਗਿਆਨੁ ਜਪਾਈ ॥ ਪੂਰਬਿ ਲਿਖਿਆ ਪਾਇਆ ਹਰਿ ਸਿਉ ਬਣਿ ਆਈ ॥੧੯॥ {ਪੰਨਾ ੧੧੦੦}

ਪਦ ਅਰਥ :—ਜਿਨਿ—ਜਿਸ ਨੇ । ਜਨਿ—ਜਨ ਨੇ । ਗੁਰਮੁਖਿ—ਗੁਰੂ ਦੇ ਸਨਮੁਖ ਹੋ ਕੇ । ਤਿਨਿ—ਉਸ ਨੇ । ਸਭਿ—ਸਾਰੇ । ਸੰਚਿਆ—ਜੋੜਿਆ, ਇਕੱਠਾ ਕੀਤਾ । ਓਨਿ—ਉਸ ਨੇ । ਓਸੁ ਘਰਿ—ਉਸ ਦੇ ਹਿਰਦੇ-ਘਰ ਵਿਚ । ਸਖਾ—ਮਿਤ੍ਰ । ਸਮ—ਇਕੋ ਜਿਹੇ । ਸੁਭਾਈ—ਚੰਗੇ ਸੁਭਾਵ ਵਾਲਾ । ਓਹੀਅਲੁ—ਪਰਗਟ, ਉੱਘਾ, ਨਾਮਣੇ ਵਾਲਾ । {ਓਝਲ—ਅੱਖਾਂ ਦੇ ਉਹਲੇ । ਓਹੀਅਲੁ—ਅੱਖਾਂ ਦੇ ਸਾਹਮਣੇ} ।

ਅਰਥ :—ਜਿਸ ਮਨੁੱਖ ਨੇ ਗੁਰੂ ਦੇ ਸਨਮੁਖ ਹੋ ਕੇ ਪ੍ਰਭੂ ਨੂੰ ਸਿਮਰਿਆ ਹੈ ਉਸ ਨੇ ਸਾਰੇ ਸੁਖ ਮਾਣ ਲਏ ਹਨ, ਉਹ ਆਪਣੇ ਪਰਵਾਰ ਸਮੇਤ ਆਪ ਭੀ (ਸੰਸਾਰ-ਸਮੁੰਦਰ ਤੋਂ) ਤਰ ਜਾਂਦਾ ਹੈ, ਸਾਰੇ ਜਗਤ ਨੂੰ ਭੀ ਤਾਰ ਲੈਂਦਾ ਹੈ । ਉਸ ਮਨੁੱਖ ਨੇ ਪਰਮਾਤਮਾ ਦਾ ਨਾਮ-ਧਨ ਇਤਨਾ ਜੋੜਿਆ ਹੈ ਕਿ ਮਾਇਆ ਵਾਲੀ ਸਾਰੀ ਹੀ ਤ੍ਰਿਸ਼ਨਾ ਉਸ ਨੇ ਮਿਟਾ ਲਈ ਹੈ । ਉਸ ਨੇ ਦੁਨੀਆ ਦੇ ਸਾਰੇ ਲਾਲਚ ਛੱਡ ਦਿੱਤੇ ਹਨ (ਲਾਲਚਾਂ ਵਿਚ ਨਹੀਂ ਫਸਦਾ) ਉਸ ਨੇ ਪ੍ਰਭੂ-ਚਰਨਾਂ ਵਿਚ ਸੁਰਤਿ ਜੋੜੀ ਹੋਈ ਹੈ । ਉਸ ਦੇ ਹਿਰਦੇ ਵਿਚ ਸਦਾ ਖ਼ੁਸ਼ੀ-ਅਨੰਦ ਹੈ, ਪ੍ਰਭੂ ਸਦਾ ਉਸ ਦਾ ਮਿਤ੍ਰ ਹੈ ਸਹਾਇਤਾ ਕਰਨ ਵਾਲਾ ਹੈ । ਉਸ ਨੇ ਵੈਰੀ ਤੇ ਮਿਤ੍ਰ ਇਕੋ ਜੇਹੇ ਸਮਝ ਲਏ ਹਨ (ਹਰੇਕ ਨੂੰ ਮਿਤ੍ਰ ਸਮਝਦਾ ਹੈ), ਸਭਨਾਂ ਨਾਲ ਚੰਗਾ ਸੁਭਾਉ ਵਰਤਦਾ ਹੈ ।

ਉਹ ਮਨੁੱਖ ਗੁਰੂ ਤੋਂ ਮਿਲੇ ਉਪਦੇਸ਼ ਨੂੰ ਸਦਾ ਚੇਤੇ ਰੱਖਦਾ ਹੈ ਤੇ ਜਗਤ ਵਿਚ ਨਾਮਣੇ ਵਾਲਾ ਹੋ ਜਾਂਦਾ ਹੈ, ਪਿਛਲੇ ਜਨਮਾਂ ਵਿਚ ਕੀਤੇ ਭਲੇ ਕਰਮਾਂ ਦੇ ਲੇਖ ਉਸ ਦੇ ਮੱਥੇ ਉਤੇ ਉੱਘੜ ਪੈਂਦੇ ਹਨ ਤੇ (ਇਸ ਜਨਮ ਵਿਚ) ਪਰਮਾਤਮਾ ਨਾਲ ਉਸ ਦੀ ਪੱਕੀ ਪ੍ਰੀਤਿ ਬਣ ਜਾਂਦੀ ਹੈ ।੧੯।

ਡਖਣੇ ਮਃ ੫ ॥ ਸਚੁ ਸੁਹਾਵਾ ਕਾਢੀਐ, ਕੂੜੈ ਕੂੜੀ ਸੋਇ ॥ ਨਾਨਕ ਵਿਰਲੇ ਜਾਣੀਅਹਿ, ਜਿਨ ਸਚੁ ਪਲੈ ਹੋਇ ॥੧॥ {ਪੰਨਾ ੧੧੦੦}

ਪਦ ਅਰਥ :—ਸਚੁ—ਸਦਾ-ਥਿਰ ਰਹਿਣ ਵਾਲਾ ਨਾਮ-ਧਨ । ਸੁਹਾਵਾ—ਸੁਖਾਵਾਂ, ਸੁਖ ਦੇਣ ਵਾਲਾ । ਕਾਢੀਐ—ਆਖੀਦਾ ਹੈ, ਹਰ ਕੋਈ ਆਖਦਾ ਹੈ । ਕੂੜੈ—ਝੂਠਾ ਧਨ, ਨਾਸਵੰਤ ਪਦਾਰਥ । ਕੂੜੀ ਸੋਇ—ਮੰਦੀ ਸੋਇ, ਕਿਸੇ ਨ ਕਿਸੇ ਉਪਾਧੀ ਵਾਲੀ ਹੀ ਖ਼ਬਰ । ਜਾਣੀਅਹਿ—ਜਾਣੇ ਜਾਂਦੇ ਹਨ, ਪਤਾ ਲੱਗਦਾ ਹੈ ।

ਅਰਥ :—ਹੇ ਨਾਨਕ! ਹਰ ਕੋਈ ਆਖਦਾ ਹੈ ਕਿ (ਪਰਮਾਤਮਾ ਦਾ) ਨਾਮ-ਧਨ ਸੁਖ ਦੇਣ ਵਾਲਾ ਹੈ ਤੇ ਦੁਨੀਆਵੀ ਧਨ (ਦੇ ਇਕੱਠਾ ਕਰਨ) ਵਿਚ ਕੋਈ ਨ ਕੋਈ ਝਗੜੇ-ਉਪਾਧੀ ਵਾਲੀ ਖ਼ਬਰ ਹੀ ਸੁਣੀਦੀ ਹੈ । ਫਿਰ ਭੀ, ਐਸੇ ਬੰਦੇ ਵਿਰਲੇ ਹੀ ਮਿਲਦੇ ਹਨ, ਜਿਨ੍ਹਾਂ ਨੇ ਨਾਮ-ਧਨ ਇਕੱਠਾ ਕੀਤਾ ਹੋਵੇ (ਹਰ ਕੋਈ ਉਪਾਧੀ-ਮੂਲ ਦੁਨੀਆਵੀ ਧਨ ਦੇ ਹੀ ਪਿੱਛੇ ਦੌੜ ਰਿਹਾ ਹੈ) ।੧।

ਮਃ ੫ ॥ ਸਜਣ ਮੁਖੁ ਅਨੂਪੁ, ਅਠੇ ਪਹਰ ਨਿਹਾਲਸਾ ॥ ਸੁਤੜੀ ਸੋ ਸਹੁ ਡਿਠੁ, ਤੈ ਸੁਪਨੇ ਹਉ ਖੰਨੀਐ ॥੨॥ {ਪੰਨਾ ੧੧੦੦}

ਪਦ ਅਰਥ :—ਸੁਤੜੀ—ਸੁੱਤੀ ਹੋਈ ਨੇ । ਸਹੁ—ਖਸਮ । ਸੁਪਨੇ—ਹੇ ਸੁਪਨੇ! ਤੈ—ਤੈਥੋਂ । ਹਉ—ਮੈਂ । ਖੰਨੀਐ—ਕੁਰਬਾਨ ਹਾਂ । ਸਜਣ ਮੁਖੁ—ਮਿਤ੍ਰ ਪ੍ਰਭੂ ਦਾ ਮੂੰਹ । ਅਨੂਪੁ—ਉਪਮਾ ਰਹਿਤ, ਬੇ-ਮਿਸਾਲ, ਬਹੁਤ ਹੀ ਸੋਹਣਾ । ਨਿਹਾਲਸਾ—ਮੈਂ ਵੇਖਾਂਗੀ ।

ਅਰਥ :—ਸੁੱਤੀ ਹੋਈ ਨੇ ਮੈਂ ਉਸ ਖਸਮ-ਪ੍ਰਭੂ ਨੂੰ (ਸੁਪਨੇ ਵਿਚ) ਵੇਖਿਆ, ਸੱਜਣ ਦਾ ਮੂੰਹ ਬਹੁਤ ਹੀ ਸੋਹਣਾ (ਲੱਗਾ) । ਹੇ ਸੁਪਨੇ! ਮੈਂ ਤੈਥੋਂ ਸਦਕੇ ਜਾਂਦੀ ਹਾਂ । (ਹੁਣ ਮੇਰੀ ਤਾਂਘ ਹੈ ਕਿ) ਮੈਂ ਅੱਠੇ ਪਹਰ (ਸੱਜਣ ਦਾ ਮੂੰਹ) ਵੇਖਦੀ ਰਹਾਂ ।੨।

ਮਃ ੫ ॥ ਸਜਣ ਸਚੁ ਪਰਖਿ, ਮੁਖਿ ਅਲਾਵਣੁ ਥੋਥਰਾ ॥ ਮੰਨ ਮਝਾਹੂ ਲਖਿ, ਤੁਧਹੁ ਦੂਰਿ ਨ ਸੁ ਪਿਰੀ ॥੩॥ {ਪੰਨਾ ੧੧੦੦}

ਪਦ ਅਰਥ :—ਸਜਣ—ਹੇ ਮਿਤ੍ਰ! ਸਚੁ—ਨਾਮ-ਧਨ । ਪਰਖਿ—ਮੁੱਲ ਪਾ, (ਖਰਾਪਨ) ਗਹੁ ਨਾਲ ਵੇਖ । ਮੁਖਿ—(ਨਿਰਾ) ਮੂੰਹੋਂ । ਅਲਾਵਣੁ—ਬੋਲਣਾ, ਆਖਣਾ । ਥੋਥਰਾ—ਖ਼ਾਲੀ, ਵਿਅਰਥ । ਮੰਨ ਮਝਾਹੂ—ਮਨ ਵਿਚ । ਲਖਿ—ਵੇਖ । ਸੁ—ਉਹ ।

ਅਰਥ :—ਹੇ ਮਿਤ੍ਰ! (ਨਿਰਾ) ਮੂੰਹੋਂ ਆਖਣਾ ਵਿਅਰਥ ਹੈ, ਨਾਮ-ਧਨ ਨੂੰ (ਆਪਣੇ ਹਿਰਦੇ ਵਿਚ) ਜਾਚ-ਤੋਲ । ਆਪਣੇ ਅੰਦਰ ਝਾਤੀ ਮਾਰ ਕੇ ਵੇਖ, ਉਹ ਪਤੀ-ਪ੍ਰਭੂ ਤੈਥੋਂ ਦੂਰ ਨਹੀਂ ਹੈ (ਤੇਰੇ ਅੰਦਰ ਹੀ ਵੱਸਦਾ ਹੈ) ।੩।

ਪਉੜੀ ॥ ਧਰਤਿ ਆਕਾਸੁ ਪਾਤਾਲੁ ਹੈ ਚੰਦੁ ਸੂਰੁ ਬਿਨਾਸੀ ॥ ਬਾਦਿਸਾਹ ਸਾਹ ਉਮਰਾਵ ਖਾਨ ਢਾਹਿ ਡੇਰੇ ਜਾਸੀ ॥ ਰੰਗ ਤੁੰਗ ਗਰੀਬ ਮਸਤ ਸਭੁ ਲੋਕੁ ਸਿਧਾਸੀ ॥ ਕਾਜੀ ਸੇਖ ਮਸਾਇਕਾ ਸਭੇ ਉਠਿ ਜਾਸੀ ॥ ਪੀਰ ਪੈਕਾਬਰ ਅਉਲੀਏ ਕੋ ਥਿਰੁ ਨ ਰਹਾਸੀ ॥ ਰੋਜਾ ਬਾਗ ਨਿਵਾਜ ਕਤੇਬ ਵਿਣੁ ਬੁਝੇ ਸਭ ਜਾਸੀ ॥ ਲਖ ਚਉਰਾਸੀਹ ਮੇਦਨੀ ਸਭ ਆਵੈ ਜਾਸੀ ॥ ਨਿਹਚਲੁ ਸਚੁ ਖੁਦਾਇ ਏਕੁ, ਖੁਦਾਇ ਬੰਦਾ ਅਬਿਨਾਸੀ ॥੧੭॥ {ਪੰਨਾ ੧੧੦੦}

ਪਦ ਅਰਥ :—ਬਿਨਾਸੀ—ਨਾਸਵੰਤ । ਉਮਰਾਵ—ਅਮੀਰ ਬੰਦੇ । ਖਾਨ—ਖ਼ਾਨ, ਜਾਇਦਾਦਾਂ ਦੇ ਮਾਲਕ । ਢਾਹਿ—ਢਾਹ ਕੇ, ਛੱਡ ਕੇ । ਰੰਗ—ਰੰਕ, ਕੰਗਾਲ । ਤੁੰਗ—ਉੱਚੇ, ਧਨਾਢ । ਮਸਤ—ਅਹੰਕਾਰੀ, ਮਾਇਆ-ਮੱਤੇ । ਸਿਧਾਸੀ—ਸੰਸਾਰ ਤੋਂ ਚਲੇ ਜਾਣਗੇ । ਮਸਾਇਕਾ—ਸ਼ੇਖ਼ ਅਖਵਾਣ ਵਾਲੇ । ਅਉਲੀਏ—ਵਲੀ ਲੋਕ, ਧਾਰਮਿਕ ਆਗੂ । ਮੇਦਨੀ—ਧਰਤੀ । ਨਿਹਚਲੁ—ਸਦਾ ਕਾਇਮ ਰਹਿਣ ਵਾਲਾ ।

ਅਰਥ :—ਧਰਤੀ ਆਕਾਸ਼ ਪਾਤਾਲ ਚੰਦ ਅਤੇ ਸੂਰਜ—ਇਹ ਸਭ ਨਾਸਵੰਤ ਹਨ । ਸ਼ਾਹ ਬਾਦਸ਼ਾਹ ਅਮੀਰ ਜਾਗੀਰਦਾਰ (ਸਭ ਆਪਣੇ) ਮਹਲ-ਮਾੜੀਆਂ ਛੱਡ ਕੇ (ਇਥੋਂ) ਤੁਰ ਜਾਣਗੇ । ਕੰਗਾਲ, ਅਮੀਰ, ਗ਼ਰੀਬ, ਮਾਇਆ-ਮੱਤੇ (ਕੋਈ ਭੀ ਹੋਵੇ) ਸਾਰਾ ਜਗਤ ਹੀ (ਇਥੋਂ) ਚਾਲੇ ਪਾ ਜਾਇਗਾ । ਕਾਜ਼ੀ ਸ਼ੇਖ਼ ਆਦਿਕ ਭੀ ਸਾਰੇ ਹੀ ਕੂਚ ਕਰ ਜਾਣਗੇ । ਪੀਰ ਪੈਗ਼ੰਬਰ ਵੱਡੇ ਵੱਡੇ ਧਾਰਮਿਕ ਆਗੂ—ਇਹਨਾਂ ਵਿਚੋਂ ਭੀ ਕੋਈ ਇਥੇ ਸਦਾ ਟਿਕਿਆ ਨਹੀਂ ਰਹੇਗਾ । ਜਿਨ੍ਹਾਂ ਰੋਜ਼ੇ ਰੱਖੇ, ਬਾਂਗਾਂ ਦਿੱਤੀਆਂ, ਨਿਮਾਜ਼ਾਂ ਪੜ੍ਹੀਆਂ, ਧਾਰਮਿਕ ਪੁਸਤਕ ਪੜ੍ਹੇ ਉਹ ਭੀ ਅਤੇ ਜਿਨ੍ਹਾਂ ਇਹਨਾਂ ਦੀ ਸਾਰ ਨ ਸਮਝੀ ਉਹ ਭੀ ਸਾਰੇ (ਜਗਤ ਤੋਂ ਆਖ਼ਰ) ਚਲੇ ਜਾਣਗੇ । ਧਰਤੀ ਦੀਆਂ ਚੌਰਾਸੀ ਲੱਖ ਜੂਨਾਂ ਦੇ ਸਾਰੇ ਹੀ ਜੀਵ (ਜਗਤ ਵਿਚ) ਆਉਂਦੇ ਹਨ ਤੇ ਫਿਰ ਇਥੋਂ ਚਲੇ ਜਾਂਦੇ ਹਨ ।

ਸਿਰਫ਼ ਇਕ ਸੱਚਾ ਖ਼ੁਦਾ ਹੀ ਸਦਾ ਕਾਇਮ ਰਹਿਣ ਵਾਲਾ ਹੈ । ਖ਼ੁਦਾ ਦਾ ਬੰਦਾ (ਭਗਤ) ਭੀ ਜਨਮ ਮਰਨ ਦੇ ਗੇੜ ਵਿਚ ਨਹੀਂ ਆਉਂਦਾ ।੧੭।

ਡਖਣੇ ਮਃ ੫ ॥ ਡਿਠੀ ਹਭ ਢੰਢੋਲਿ, ਹਿਕਸੁ ਬਾਝੁ ਨ ਕੋਇ ॥ ਆਉ ਸਜਣ ਤੂ ਮੁਖਿ ਲਗੁ, ਮੇਰਾ ਤਨੁ ਮਨੁ ਠੰਢਾ ਹੋਇ ॥੧॥ {ਪੰਨਾ ੧੧੦੦}

ਪਦ ਅਰਥ :—ਹਭ—ਸਾਰੀ ਸ੍ਰਿਸ਼ਟੀ । ਢੰਢੋਲਿ—ਭਾਲ ਕੇ । ਸਜਣ—ਹੇ ਮਿਤ੍ਰ-ਪ੍ਰਭੂ ! ਮੁਖਿ ਲਗੁ—ਮਿਲ, ਦੀਦਾਰ ਦੇਹ । ਤਨੁ ਮਨੁ ਠੰਢਾ ਹੋਇ—ਤਨ ਮਨ ਵਿਚ ਠੰਢ ਪੈਂਦੀ ਹੈ, ਮਨ ਤੇ ਗਿਆਨ ਇੰਦ੍ਰੇ ਸ਼ਾਂਤ ਹੁੰਦੇ ਹਨ ।

ਅਰਥ :—ਹੇ ਮਿਤ੍ਰ-ਪ੍ਰਭੂ ! ਆ, ਤੂੰ ਮੈਨੂੰ ਦਰਸਨ ਦੇਹ, (ਤੇਰਾ ਦਰਸਨ ਕੀਤਿਆਂ) ਮੇਰੇ ਤਨ ਮਨ ਵਿਚ ਠੰਢ ਪੈਂਦੀ ਹੈ । ਮੈਂ ਸਾਰੀ ਸ੍ਰਿਸ਼ਟੀ ਭਾਲ ਕੇ ਵੇਖ ਲਈ ਹੈ, (ਹੇ ਪ੍ਰਭੂ !) ਇਕ ਤੇਰੇ (ਦੀਦਾਰ ਤੋਂ) ਬਿਨਾ ਹੋਰ ਕੋਈ ਭੀ (ਪਦਾਰਥ ਮੈਨੂੰ ਆਤਮਕ ਸ਼ਾਂਤੀ) ਨਹੀਂ (ਦੇਂਦਾ) ।੧।

ਮਃ ੫ ॥ ਆਸਕੁ ਆਸਾ ਬਾਹਰਾ, ਮੂ ਮਨਿ ਵਡੀ ਆਸ ॥ ਆਸ ਨਿਰਾਸਾ ਹਿਕੁ ਤੂ, ਹਉ ਬਲਿ ਬਲਿ ਬਲਿ ਗਈਆਸ ॥੨॥ {ਪੰਨਾ ੧੧੦੦}

ਪਦ ਅਰਥ :—ਆਸਕੁ—(ਪ੍ਰਭੂ-ਚਰਨਾਂ ਦਾ) ਪ੍ਰੇਮੀ । ਆਸਾ—(ਦੁਨੀਆਵੀ ਪਦਾਰਥਾਂ ਦੀਆਂ) ਆਸਾਂ, ਮਾਇਕ ਲਾਲਸਾ । ਮੂ ਮਨਿ—ਮੇਰੇ ਮਨ ਵਿਚ । ਆਸ ਨਿਰਾਸਾ—ਦੁਨੀਆਵੀ ਆਸਾਂ ਤੋਂ ਉਪਰਾਮ ਕਰਨ ਵਾਲਾ । ਹਿਕੁ ਤੂ—ਸਿਰਫ਼ ਤੂੰ ਹੈਂ ।

ਅਰਥ :—(ਹੇ ਪ੍ਰਭੂ !) (ਤੇਰੇ ਚਰਨਾਂ ਦਾ ਸੱਚਾ) ਪ੍ਰੇਮੀ ਉਹੀ ਹੋ ਸਕਦਾ ਹੈ ਜਿਸ ਨੂੰ ਦੁਨੀਆਵੀ ਆਸਾਂ ਨਾਹ ਪੋਹ ਸਕਣ, ਪਰ ਮੇਰੇ ਮਨ ਵਿਚ ਤਾਂ ਵੱਡੀਆਂ ਵੱਡੀਆਂ ਆਸਾਂ ਹਨ । ਸਿਰਫ਼ ਤੂੰ ਹੀ ਹੈਂ ਜੋ ਮੈਨੂੰ (ਦੁਨੀਆਵੀ) ਆਸਾਂ ਤੋਂ ਉਪਰਾਮ ਕਰ ਸਕਦਾ ਹੈਂ । ਮੈਂ ਤੈਥੋਂ ਹੀ ਕੁਰਬਾਨ ਜਾਂਦਾ ਹਾਂ (ਤੂੰ ਆਪ ਹੀ ਮੇਹਰ ਕਰ) ।੨।

ਮਃ ੫ ॥ ਵਿਛੋੜਾ ਸੁਣੇ ਡੁਖੁ, ਵਿਣੁ ਡਿਠੇ ਮਰਿਓਦਿ ॥ ਬਾਝੁ ਪਿਆਰੇ ਆਪਣੇ, ਬਿਰਹੀ ਨਾ ਧੀਰੋਦਿ ॥੩॥ {ਪੰਨਾ ੧੧੦੦}

ਪਦ ਅਰਥ :—ਸੁਣੇ—ਸੁਣਿ, ਸੁਣ ਕੇ । ਮਰਿਓਦਿ—ਆਤਮਕ ਮੌਤ ਹੋ ਜਾਂਦੀ ਹੈ । ਬਿਰਹੀ—ਸੱਚੀ ਆਸ਼ਕ, ਪ੍ਰੇਮੀ । ਨਾ ਧੀਰੋਦਿ—ਧੀਰਜ ਨਹੀਂ ਕਰਦਾ, ਮਨ ਖਲੋਂਦਾ ਨਹੀਂ ।

ਅਰਥ :—(ਪ੍ਰਭੂ-ਚਰਨਾਂ ਦਾ ਅਸਲ) ਪ੍ਰੇਮੀ ਉਹ ਹੈ ਜਿਸ ਨੂੰ ਇਹ ਸੁਣ ਕੇ ਹੀ ਦੁੱਖ ਪ੍ਰਤੀਤ ਹੋਵੇ ਕਿ ਪ੍ਰਭੂ ਤੋਂ ਵਿਛੋੜਾ ਹੋਣ ਲੱਗਾ ਹੈ । ਦੀਦਾਰ ਤੋਂ ਬਿਨਾ ਸੱਚਾ ਪ੍ਰੇਮੀ ਆਤਮਕ ਮੌਤ ਮਹਿਸੂਸ ਕਰਦਾ ਹੈ । ਆਪਣੇ ਪਿਆਰੇ ਪ੍ਰਭੂ ਤੋਂ ਵਿਛੁੜ ਕੇ ਪ੍ਰੇਮੀ ਦਾ ਮਨ ਖਲੋਂਦਾ ਨਹੀਂ ਹੈ ।੩।

ਪਉੜੀ ॥ ਤਟ ਤੀਰਥ ਦੇਵ ਦੇਵਾਲਿਆ ਕੇਦਾਰੁ ਮਥੁਰਾ ਕਾਸੀ ॥ ਕੋਟਿ ਤੇਤੀਸਾ ਦੇਵਤੇ ਸਣੁ ਇੰਦ੍ਰੈ ਜਾਸੀ ॥ ਸਿਮ੍ਰਿਤਿ ਸਾਸਤ੍ਰ ਬੇਦ ਚਾਰਿ ਖਟੁ ਦਰਸ ਸਮਾਸੀ ॥ ਪੋਥੀ ਪੰਡਿਤ ਗੀਤ ਕਵਿਤ ਕਵਤੇ ਭੀ ਜਾਸੀ ॥ ਜਤੀ ਸਤੀ ਸੰਨਿਆਸੀਆ ਸਭਿ ਕਾਲੈ ਵਾਸੀ ॥ ਮੁਨਿ ਜੋਗੀ ਦਿਗੰਬਰਾ ਜਮੈ ਸਣੁ ਜਾਸੀ ॥ ਜੋ ਦੀਸੈ ਸੋ ਵਿਣਸਣਾ ਸਭ ਬਿਨਸਿ ਬਿਨਾਸੀ ॥ ਥਿਰੁ ਪਾਰਬ੍ਰਹਮੁ ਪਰਮੇਸਰੋ ਸੇਵਕੁ ਥਿਰੁ ਹੋਸੀ ॥੧੮॥ {ਪੰਨਾ ੧੧੦੦}

ਪਦ ਅਰਥ :—ਤਟ—ਨਦੀ ਦਾ ਕਿਨਾਰਾ । ਦੇਵਾਲਿਆ—ਦੇਵਤੇ ਦਾ ਘਰ, ਮੰਦਰ । ਸਣੁ—ਸਮੇਤ । ਖਟੁ ਦਰਸ—ਛੇ ਭੇਖਾਂ ਦੇ ਸਾਧ । ਸਮਾਸੀ—ਸਮਾ ਜਾਣਗੇ, ਮਰ ਜਾਣਗੇ । ਕਵਿਤੇ—ਕਵੀ ਲੋਕ । ਕਾਲੈ ਵਾਸੀ—ਕਾਲ ਦੇ ਵੱਸ, ਮੌਤ ਦੇ ਅਧੀਨ । ਦਿਗੰਬਰਾ—{ਦਿਗ-ਅੰਬਰ । ਦਿਗ—ਦਿਸ਼ਾ, ਪਾਸਾ । ਅੰਬਰ—ਕੱਪੜਾ} ਨਾਂਗੇ । ਜਮੈ ਸਣੁ—ਜਮਾਂ ਸਮੇਤ ।

ਅਰਥ :—ਦੇਵਤਿਆਂ ਦੇ ਮੰਦਰ, ਕੇਦਾਰ ਮਥੁਰਾ ਕਾਂਸ਼ੀ ਆਦਿਕ ਤੀਰਥ, ਤੇਤੀ ਕਰੋੜ ਦੇਵਤੇ, ਇੰਦਰ ਦੇਵਤਾ ਭੀ—ਆਖ਼ਰ ਨਾਸਵੰਤ ਹਨ । ਚਾਰ ਵੇਦ ਸਿਮ੍ਰਿਤੀਆਂ ਸਾਸਤ੍ਰ ਆਦਿਕ ਧਾਰਮਿਕ ਪੁਸਤਕਾਂ (ਦੇ ਪੜ੍ਹਨ ਵਾਲੇ) ਤੇ ਛਿਆਂ ਭੇਖਾਂ ਦੇ ਸਾਧੂ ਭੀ ਅੰਤ ਨੂੰ ਚੱਲ ਜਾਣਗੇ । ਪੁਸਤਕਾਂ ਦੇ ਵਿਦਵਾਨ, ਗੀਤਾਂ ਕਵਿਤਾਵਾਂ ਦੇ ਲਿਖਣ ਵਾਲੇ ਕਵੀ ਭੀ ਜਗਤ ਤੋਂ ਕੂਚ ਕਰ ਜਾਣਗੇ । ਜਤੀ ਸਤੀ ਸੰਨਿਆਸੀ—ਇਹ ਸਾਰੇ ਭੀ ਮੌਤ ਦੇ ਅਧੀਨ ਹਨ । ਸਮਾਧੀਆਂ ਲਾਵਣ ਵਾਲੇ, ਜੋਗੀ, ਨਾਂਗੇ, ਜਮਦੂਤ—ਇਹ ਭੀ ਨਾਸਵੰਤ ਹਨ ।

(ਮੁੱਕਦੀ ਗੱਲ) (ਜਗਤ ਵਿਚ) ਜੋ ਕੁਝ ਦਿੱਸ ਰਿਹਾ ਹੈ ਉਹ ਨਾਸਵੰਤ ਹੈ, ਹਰੇਕ ਨੇ ਜ਼ਰੂਰ ਨਾਸ ਹੋ ਜਾਣਾ ਹੈ । ਸਦਾ ਕਾਇਮ ਰਹਿਣ ਵਾਲਾ ਕੇਵਲ ਪਾਰਬ੍ਰਹਮ ਪਰਮੇਸਰ ਹੀ ਹੈ । ਉਸ ਦਾ ਭਗਤ ਭੀ ਜੰਮਣ ਮਰਨ ਤੋਂ ਰਹਿਤ ਹੋ ਜਾਂਦਾ ਹੈ ।੧੮।

ਸਲੋਕ ਡਖਣੇ ਮਃ ੫ ॥ ਸੈ ਨੰਗੇ ਨਹ ਨੰਗ, ਭੁਖੇ ਲਖ ਨ ਭੁਖਿਆ ॥ ਡੁਖੇ ਕੋੜਿ ਨ ਡੁਖ, ਨਾਨਕ ਪਿਰੀ ਪਿਖੰਦੋ ਸੁਭ ਦਿਸਟਿ ॥੧॥ {ਪੰਨਾ ੧੧੦੦}

ਪਦ ਅਰਥ :—ਸੈ—ਸੈਂਕੜੇ ਵਾਰੀ । ਨਹ ਨੰਗ—ਨੰਗ (ਦੀ ਪਰਵਾਹ) ਨਹੀਂ ਹੁੰਦੀ, ਨੰਗੇ ਰਹਿਣਾ ਦੁਖਦਾਈ ਨਹੀਂ ਜਾਪਦਾ । ਲਖ—ਲੱਖਾਂ ਵਾਰੀ । ਨ ਭੁਖਿਆ—ਭੁੱਖ ਚੁੱਭਦੀ ਨਹੀਂ । ਡੁਖ—ਦੁੱਖ । ਕੋੜਿ—ਕ੍ਰੋੜਾਂ । ਸੁਭ ਦਿਸਟਿ—ਚੰਗੀ ਨਿਗਾਹ ਨਾਲ, ਸਵੱਲੀ ਨਜ਼ਰ ਨਾਲ । ਪਿਖੰਦੋ—ਵੇਖੇ ।

ਅਰਥ :—ਹੇ ਨਾਨਕ ! (ਜਿਸ ਮਨੁੱਖ ਵਲ) ਪ੍ਰਭੂ-ਪਤੀ ਸਵੱਲੀ ਨਜ਼ਰ ਨਾਲ ਤੱਕੇ, ਉਸ ਨੂੰ ਨੰਗ ਦੀ ਪਰਵਾਹ ਨਹੀਂ ਹੁੰਦੀ ਚਾਹੇ ਸੈਂਕੜੇ ਵਾਰੀ ਨੰਗਾ ਰਹਿਣਾ ਪਏ, ਉਸ ਨੂੰ ਭੁੱਖ ਨਹੀਂ ਚੁੱਭਦੀ ਚਾਹੇ ਲੱਖਾਂ ਵਾਰੀ ਭੁੱਖਾ ਰਹਿਣਾ ਪਏ, ਉਸ ਨੂੰ ਕੋਈ ਦੁੱਖ ਨਹੀਂ ਪੋਂਹਦਾ ਚਾਹੇ ਕ੍ਰੋੜਾਂ ਦੁੱਖ ਵਾਪਰਨ ।੧।